ਗੂਜਰੀ ਮਹਲਾ ੫ ॥ ਕਬਹੂ ਹਰਿ ਸਿਉ ਚੀਤੁ ਨ ਲਾਇਓ ॥ ਧੰਧਾ ਕਰਤ ਬਿਹਾਨੀ ਅਉਧਹਿ ਗੁਣ ਨਿਧਿ ਨਾਮੁ ਨ ਗਾਇਓ ॥੧॥ ਰਹਾਉ ॥ ਕਉਡੀ ਕਉਡੀ ਜੋਰਤ ਕਪਟੇ ਅਨਿਕ ਜੁਗਤਿ ਕਰਿ ਧਾਇਓ ॥ ਬਿਸਰਤ ਪ੍ਰਭ ਕੇਤੇ ਦੁਖ ਗਨੀਅਹਿ ਮਹਾ ਮੋਹਨੀ ਖਾਇਓ ॥੧॥ ਕਰਹੁ ਅਨੁਗ੍ਰਹੁ ਸੁਆਮੀ ਮੇਰੇ ਗਨਹੁ ਨ ਮੋਹਿ ਕਮਾਇਓ ॥ ਗੋਬਿੰਦ ਦਇਆਲ ਕ੍ਰਿਪਾਲ ਸੁਖ ਸਾਗਰ ਨਾਨਕ ਹਰਿ ਸਰਣਾਇਓ ॥੨॥੧੬॥੨੫॥ {ਪੰਨਾ 501}

ਨੋਟ:- ਲਫ਼ਜ਼ 'ਲਾਇਓ, ਗਾਇਓ' ਆਦਿਕ ਭੂਤਕਾਲ ਨੂੰ ਵਰਤਮਾਨ ਕਾਲ ਵਿਚ ਸਮਝਣਾ ਹੈ ।

ਪਦਅਰਥ:- ਕਬ ਹੂ—ਕਦੇ ਭੀ । ਸਿਉ—ਨਾਲ । ਨ ਲਾਇਓ—ਨਹੀਂ ਜੋੜਿਆ । ਬਿਹਾਨੀ—ਬੀਤ ਗਈ । ਅਉਧਹਿ—ਉਮਰ । ਗੁਣਿ ਨਿਧਿ ਨਾਮੁ—ਸਾਰੇ ਗੁਣਾਂ ਦੇ ਖ਼ਜ਼ਾਨੇ ਹਰੀ ਦਾ ਨਾਮ ।੧।ਰਹਾਉ।

ਜੋਰਤ—ਜੋੜਦਿਆਂ, ਇਕੱਠੀ ਕਰਦਿਆਂ । ਕਪਟੇ—ਧੋਖੇ ਨਾਲ । ਜੁਗਤਿ—ਢੰਗ । ਧਾਇਓ—ਭਟਕਦਾ ਫਿਰਿਆ । ਕੇਤੇ—ਕਿਤਨੇ ਕੁ? ਗਨੀਅਹਿ—ਗਿਣੇ ਜਾ ਸਕਦੇ ਹਨ । ਮਹਾ ਮੋਹਨੀ—ਮਨ ਨੂੰ ਠੱਗਣ ਵਾਲੀ ਸਭ ਤੋਂ ਵੱਡੀ (ਮਾਇਆ) । ਖਾਇਓ—ਆਤਮਕ ਜੀਵਨ ਨੂੰ ਖਾ ਗਈ ।੧।

ਅਨੁਗ੍ਰਹੁ—ਕਿਰਪਾ । ਸੁਆਮੀ—ਹੇ ਸੁਆਮੀ! ਗਨਹੁ ਨ—ਨਾਹ ਵਿਚਾਰੋ, ਨਾਹ ਗਿਣੋ । ਮੋਹਿ ਕਮਾਇਓ—ਮੇਰੇ ਕੀਤੇ ਕਰਮਾਂ ਨੂੰ ।੨।

ਅਰਥ:- (ਹੇ ਭਾਈ! ਮਾਇਆ-ਮੋਹਿਆ ਜੀਵ) ਕਦੇ ਆਪਣਾ ਮਨ ਪਰਮਾਤਮਾ (ਦੇ ਚਰਨਾਂ) ਨਾਲ ਨਹੀਂ ਜੋੜਦਾ । (ਮਾਇਆ ਦੀ ਖ਼ਾਤਰ) ਦੌੜ-ਭੱਜ ਕਰਦਿਆਂ (ਇਸ ਦੀ) ਉਮਰ ਗੁਜ਼ਰ ਜਾਂਦੀ ਹੈ ਸਾਰੇ ਗੁਣਾਂ ਦੇ ਖ਼ਜ਼ਾਨੇ ਪਰਮਾਤਮਾ ਦਾ ਨਾਮ ਨਹੀਂ ਜਪਦਾ ।੧।ਰਹਾਉ।

ਠੱਗੀ ਨਾਲ ਇਕ ਇਕ ਕੌਡੀ ਕਰ ਕੇ ਮਾਇਆ ਇਕੱਠੀ ਕਰਦਾ ਰਹਿੰਦਾ ਹੈ ਅਨੇਕਾਂ ਢੰਗ ਵਰਤ ਕੇ ਮਾਇਆ ਦੀ ਖ਼ਾਤਰ ਦੌੜਿਆ ਫਿਰਦਾ ਹੈ । ਪਰਮਾਤਮਾ ਦਾ ਨਾਮ ਭੁਲਾਣ ਦੇ ਕਾਰਨ ਇਸ ਨੂੰ ਅਨੇਕਾਂ ਹੀ ਦੁੱਖ ਆ ਵਾਪਰਦੇ ਹਨ । ਮਨ ਨੂੰ ਮੋਹ ਲੈਣ ਵਾਲੀ ਪ੍ਰਬਲ ਮਾਇਆ ਇਸ ਦੇ ਆਤਮਕ ਜੀਵਨ ਨੂੰ ਖਾ ਜਾਂਦੀ ਹੈ ।੧।

ਹੇ ਨਾਨਕ! (ਆਖ—) ਹੇ ਗੋਬਿੰਦ! ਹੇ ਦਇਆਲ! ਹੇ ਕ੍ਰਿਪਾਲ! ਹੇ ਸੁਖਾਂ ਦੇ ਸਮੁੰਦਰ! ਹੇ ਹਰੀ! ਮੈਂ ਤੇਰੀ ਸਰਨ ਆਇਆ ਹਾਂ । ਹੇ ਮੇਰੇ ਮਾਲਕ! ਮੇਰੇ ਉਤੇ ਮੇਹਰ ਕਰ, ਮੇਰੇ ਕੀਤੇ ਕਰਮਾਂ ਵਲ ਧਿਆਨ ਨਾਹ ਕਰੀਂ ।੨।੧੬।੨੫।

ਗੂਜਰੀ ਮਹਲਾ ੫ ॥ ਰਸਨਾ ਰਾਮ ਰਾਮ ਰਵੰਤ ॥ ਛੋਡਿ ਆਨ ਬਿਉਹਾਰ ਮਿਥਿਆ ਭਜੁ ਸਦਾ ਭਗਵੰਤ ॥੧॥ ਰਹਾਉ ॥ ਨਾਮੁ ਏਕੁ ਅਧਾਰੁ ਭਗਤਾ ਈਤ ਆਗੈ ਟੇਕ ॥ ਕਰਿ ਕ੍ਰਿਪਾ ਗੋਬਿੰਦ ਦੀਆ ਗੁਰ ਗਿਆਨੁ ਬੁਧਿ ਬਿਬੇਕ ॥੧॥ ਕਰਣ ਕਾਰਣ ਸੰਮ੍ਰਥ ਸ੍ਰੀਧਰ ਸਰਣਿ ਤਾ ਕੀ ਗਹੀ ॥ ਮੁਕਤਿ ਜੁਗਤਿ ਰਵਾਲ ਸਾਧੂ ਨਾਨਕ ਹਰਿ ਨਿਧਿ ਲਹੀ ॥੨॥੧੭॥੨੬॥ {ਪੰਨਾ 501}

ਪਦਅਰਥ:- ਰਸਨਾ—ਜੀਭ (ਨਾਲ) । ਰਵੰਤ—ਜਪਦਾ ਰਹੁ । ਛੋਡਿ—ਛੱਡ ਕੇ । ਮਿਥਿਆ—ਝੂਠੇ,

ਨਾਸਵੰਤ । ਆਨ—ਹੋਰ । ਭਗਵੰਤ—ਭਗਵਾਨ ।੧।ਰਹਾਉ।

ਆਧਾਰੁ—ਆਸਰਾ । ਈਤ—ਇਸ ਲੋਕ ਵਿਚ । ਆਗੈ—ਪਰਲੋਕ ਵਿਚ । ਟੇਕ—ਸਹਾਰਾ । ਗੋਬਿੰਦ—ਹੇ ਗੋਬਿੰਦ! ਗਿਆਨੁ—ਆਤਮਕ ਜੀਵਨ ਦੀ ਸੂਝ । ਬਿਬੇਕ ਬੁਧਿ—ਚੰਗੇ ਮੰਦੇ ਕਰਮ ਦੀ ਪਰਖ ਕਰ ਸਕਣ ਵਾਲੀ ।੧।

ਕਰਣ—ਜਗਤ । ਕਾਰਣੁ—ਮੂਲ । ਸਮ੍ਰਥ—ਸਾਰੀਆਂ ਤਾਕਤਾਂ ਵਾਲਾ । ਸ੍ਰੀਧਰ—ਲੱਛਮੀ-ਪਤੀ । ਤਾ ਕੀ—ਉਸ (ਹਰੀ) ਦੀ । ਗਹੀ—ਫੜੀ । ਮੁਕਤਿ ਜੁਗਤਿ—ਮਾਇਆ ਦੇ ਮੋਹ ਤੋਂ ਖ਼ਲਾਸੀ ਦਾ ਵਸੀਲਾ । ਰਵਾਲ ਸਾਧੂ—ਗੁਰੂ ਦੀ ਚਰਨ-ਧੂੜ । ਨਿਧਿ—ਖ਼ਜ਼ਾਨਾ । ਲਹੀ—ਲੱਭਾ ।੨।

ਅਰਥ:- ਹੇ ਭਾਈ! ਆਪਣੀ ਜੀਭ ਨਾਲ ਸਦਾ ਪਰਮਾਤਮਾ ਦਾ ਸਿਮਰਨ ਕਰਦਾ ਰਹੁ । ਹੋਰ ਝੂਠੇ ਵਿਹਾਰਾਂ (ਦੇ ਮੋਹ) ਨੂੰ ਛੱਡ ਕੇ ਸਦਾ ਭਗਵਾਨ ਦਾ ਭਜਨ ਕਰਿਆ ਕਰ ।੧।ਰਹਾਉ।

ਹੇ ਗੋਬਿੰਦ! ਜਿਨ੍ਹਾਂ ਆਪਣੇ ਭਗਤਾਂ ਨੂੰ ਤੂੰ ਕਿਰਪਾ ਕਰ ਕੇ ਗੁਰੂ ਦਾ ਗਿਆਨ ਬਖ਼ਸ਼ਿਆ ਹੈ, ਤੇ ਚੰਗੇ ਮੰਦੇ ਦੀ ਪਰਖ ਕਰ ਸਕਣ ਵਾਲੀ ਅਕਲ ਦਿੱਤੀ ਹੈ, ਤੇਰਾ ਨਾਮ ਹੀ ਉਹਨਾਂ ਦੀ ਜ਼ਿੰਦਗੀ ਦਾ ਆਸਰਾ ਬਣ ਗਿਆ ਹੈ, ਇਸ ਲੋਕ ਤੇ ਪਰਲੋਕ ਵਿਚ ਉਹਨਾਂ ਨੂੰ ਤੇਰਾ ਹੀ ਸਹਾਰਾ ਹੈ ।੧।

ਹੇ ਨਾਨਕ! (ਆਖ—) ਮਾਇਕ ਬੰਧਨਾਂ ਤੋਂ ਖ਼ਲਾਸੀ ਪਾਣ ਦਾ ਵਸੀਲਾ (ਸਿਰਫ਼) ਗੁਰੂ ਦੀ ਚਰਨ-ਧੂੜ ਹੈ, ਗੁਰੂ ਦੀ ਸਰਨ ਪੈਣ ਵਾਲੇ ਨੇ ਹੀ ਪਰਮਾਤਮਾ ਦਾ ਨਾਮ-ਖ਼ਜ਼ਾਨਾ ਹਾਸਲ ਕੀਤਾ ਹੈ, ਤੇ, ਉਸ ਪਰਮਾਤਮਾ ਦੀ ਸਰਨ ਲਈ ਹੈ ਜੋ ਸਾਰੇ ਜਗਤ ਦਾ ਮੂਲ ਹੈ ਜੋ ਸਭ ਤਾਕਤਾਂ ਦਾ ਮਾਲਕ ਹੈ, ਜੋ ਲਖਮੀ ਦਾ ਪਤੀ ਹੈ ।੨।੧੭।੨੧।

ਗੂਜਰੀ ਮਹਲਾ ੫ ਘਰੁ ੪ ਚਉਪਦੇ ੴ ਸਤਿਗੁਰ ਪ੍ਰਸਾਦਿ ॥ ਛਾਡਿ ਸਗਲ ਸਿਆਣਪਾ ਸਾਧ ਸਰਣੀ ਆਉ ॥ ਪਾਰਬ੍ਰਹਮ ਪਰਮੇਸਰੋ ਪ੍ਰਭੂ ਕੇ ਗੁਣ ਗਾਉ ॥੧॥ ਰੇ ਚਿਤ ਚਰਣ ਕਮਲ ਅਰਾਧਿ ॥ ਸਰਬ ਸੂਖ ਕਲਿਆਣ ਪਾਵਹਿ ਮਿਟੈ ਸਗਲ ਉਪਾਧਿ ॥੧॥ ਰਹਾਉ ॥ ਮਾਤ ਪਿਤਾ ਸੁਤ ਮੀਤ ਭਾਈ ਤਿਸੁ ਬਿਨਾ ਨਹੀ ਕੋਇ ॥ ਈਤ ਊਤ ਜੀਅ ਨਾਲਿ ਸੰਗੀ ਸਰਬ ਰਵਿਆ ਸੋਇ ॥੨॥ ਕੋਟਿ ਜਤਨ ਉਪਾਵ ਮਿਥਿਆ ਕਛੁ ਨ ਆਵੈ ਕਾਮਿ ॥ ਸਰਣਿ ਸਾਧੂ ਨਿਰਮਲਾ ਗਤਿ ਹੋਇ ਪ੍ਰਭ ਕੈ ਨਾਮਿ ॥੩॥ ਅਗਮ ਦਇਆਲ ਪ੍ਰਭੂ ਊਚਾ ਸਰਣਿ ਸਾਧੂ ਜੋਗੁ ॥ ਤਿਸੁ ਪਰਾਪਤਿ ਨਾਨਕਾ ਜਿਸੁ ਲਿਖਿਆ ਧੁਰਿ ਸੰਜੋਗੁ ॥੪॥੧॥੨੭॥ {ਪੰਨਾ 501}

ਚਉਪਦੇ—ਚਾਰ ਬੰਦਾਂ ਵਾਲੇ ਸ਼ਬਦ ।

ਪਦਅਰਥ:- ਸਗਲ—ਸਾਰੀਆਂ । ਸਾਧ—ਗੁਰੂ ।੧।

ਚਰਣ ਕਮਲ—ਸੋਹਣੇ ਕੋਮਲ ਚਰਨ (ਕੌਲ ਫੁੱਲ ਵਰਗੇ) । ਉਪਾਧਿ—ਰੋਗ ।੧।ਰਹਾਉ।

ਸੁਤ—ਪੁੱਤਰ । ਈਤ ਊਤ—ਇਸ ਲੋਕ ਤੇ ਪਰਲੋਕ ਵਿਚ । ਜੀਅ ਨਾਲਿ ਜਿੰਦ ਦੇ ਨਾਲ । ਰਵਿਆ—ਵਿਆਪਕ ।੨।

ਕੋਟਿ—ਕ੍ਰੋੜਾਂ । ਮਿਥਿਆ—ਵਿਅਰਥ । ਕਾਮਿ—ਕੰਮ ਵਿਚ । ਨਿਰਮਲਾ—ਪਵਿਤ੍ਰ । ਗਤਿ—ਉੱਚੀ

ਆਤਮਕ ਅਵਸਥਾ । ਨਾਮਿ—ਨਾਮ ਵਿਚ ਜੁੜਿਆਂ ।੩।

ਅਗਮ—ਅਪਹੁੰਚ । ਸਰਣਿ ਸਾਧੂ ਜੋਗੁ—ਗੁਰਮੁਖਾਂ ਨੂੰ ਆਪਣੀ ਸਰਨ ਵਿਚ ਰੱਖਣ ਦੀ ਸਮਰਥਾ ਵਾਲਾ । ਜਿਸੁ ਲਿਖਿਆ—ਜਿਸ ਦੇ ਮੱਥੇ ਉਤੇ ਲਿਖਿਆ । ਧੁਰਿ—ਧੁਰ ਦਰਗਾਹ ਤੋਂ । ਸੰਜੋਗੁ—ਮਿਲਾਪ ।੪।

ਅਰਥ:- ਹੇ ਮੇਰੇ ਮਨ! ਪਰਮਾਤਮਾ ਦੇ ਸੋਹਣੇ ਕੋਮਲ ਚਰਨਾਂ ਦੀ ਆਰਾਧਨਾ ਕਰਿਆ ਕਰ, ਸਾਰੇ ਸੁਖ ਆਨੰਦ ਹਾਸਲ ਕਰ ਲਏਂਗਾ, (ਸਿਮਰਨ ਦੀ ਬਰਕਤਿ ਨਾਲ) ਹਰੇਕ ਰੋਗ ਮਿਟ ਜਾਂਦਾ ਹੈ ।੧।ਰਹਾਉ।

(ਹੇ ਮਨ! ਜੀਵਨ-ਜੁਗਤਿ ਪ੍ਰਾਪਤ ਕਰਨ ਵਾਸਤੇ ਆਪਣੀਆਂ) ਸਾਰੀਆਂ ਸਿਆਣਪਾਂ ਛੱਡ ਦੇਹ, ਗੁਰੂ ਦਾ ਆਸਰਾ ਲੈ (ਗੁਰੂ ਦੀ ਸਿੱਖਿਆ ਉੱਤੇ ਤੁਰ ਕੇ) ਪਰਮੇਸਰ ਪਾਰਬ੍ਰਹਮ ਪ੍ਰਭੂ ਦੇ ਗੁਣ ਗਾਂਦਾ ਰਿਹਾ ਕਰ ।੧।

ਹੇ ਮਨ! ਮਾਂ, ਪਿਉ, ਪੁੱਤਰ, ਮਿੱਤਰ, ਭਰਾ—ਪਰਮਾਤਮਾ ਤੋਂ ਬਿਨਾ ਕੋਈ ਭੀ (ਨਾਲ ਨਿਭਣ ਵਾਲਾ ਸਾਥੀ) ਨਹੀਂ ਹੈ । ਜੇਹੜਾ ਪਰਮਾਤਮਾ ਸਾਰੀ ਸ੍ਰਿਸ਼ਟੀ ਵਿਚ ਵਿਆਪਕ ਹੈ ਉਹੀ ਇਸ ਲੋਕ ਤੇ ਪਰਲੋਕ ਵਿਚ ਜਿੰਦ ਦੇ ਨਾਲ ਰਹਿਣ ਵਾਲਾ ਸਾਥੀ ਹੈ ।੨।

(ਹੇ ਮਨ! ਆਤਮਕ ਪਵਿਤ੍ਰਤਾ ਵਾਸਤੇ ਗੁਰੂ ਦੀ ਸਰਨ ਤੋਂ ਬਿਨਾ ਹੋਰ) ਕ੍ਰੋੜਾਂ ਹੀ ਜਤਨ ਤੇ ਉਪਾਵ ਵਿਅਰਥ ਹਨ, (ਪਵਿਤ੍ਰਤਾ ਵਾਸਤੇ ਇਹਨਾਂ ਵਿਚੋਂ) ਕੋਈ ਭੀ ਕੰਮ ਨਹੀਂ ਆ ਸਕਦਾ । ਗੁਰੂ ਦੀ ਸਰਨ ਪਿਆਂ ਹੀ ਮਨੁੱਖ ਪਵਿਤ੍ਰ ਜੀਵਨ ਵਾਲਾ ਹੋ ਸਕਦਾ ਹੈ, ਪਰਮਾਤਮਾ ਦੇ ਨਾਮ ਵਿਚ ਜੁੜਿਆਂ ਹੀ ਉੱਚੀ ਆਤਮਕ ਅਵਸਥਾ ਬਣ ਸਕਦੀ ਹੈ ।੩।

ਹੇ ਨਾਨਕ! (ਆਖ—) ਅਪਹੁੰਚ ਦਇਆਵਾਨ ਪਰਮਾਤਮਾ ਸਭ (ਵਿਅਕਤੀਆਂ) ਤੋਂ ਉੱਚਾ ਹੈ, ਗੁਰਮੁਖਾਂ ਨੂੰ ਆਪਣੀ ਸਰਨ ਵਿਚ ਰੱਖਣ (ਤੇ ਉਪਾਧੀਆਂ ਤੋਂ ਬਚਾਣ) ਦੀ ਸਮਰਥਾ ਵਾਲਾ ਹੈ । ਪਰ ਉਹ ਪਰਮਾਤਮਾ ਉਸੇ ਮਨੁੱਖ ਨੂੰ ਮਿਲ ਸਕਦਾ ਹੈ ਜਿਸ ਦੇ ਮੱਥੇ ਉੱਤੇ ਧੁਰ ਦਰਗਾਹ ਤੋਂ ਮਿਲਾਪ ਦਾ ਸੰਜੋਗ ਲਿਖਿਆ ਹੁੰਦਾ ਹੈ ।੪।੧।੨੭।

ਗੁਜਰੀ ਮਹਲਾ ੫ ॥ ਆਪਨਾ ਗੁਰੁ ਸੇਵਿ ਸਦ ਹੀ ਰਮਹੁ ਗੁਣ ਗੋਬਿੰਦ ॥ ਸਾਸਿ ਸਾਸਿ ਅਰਾਧਿ ਹਰਿ ਹਰਿ ਲਹਿ ਜਾਇ ਮਨ ਕੀ ਚਿੰਦ ॥੧॥ ਮੇਰੇ ਮਨ ਜਾਪਿ ਪ੍ਰਭ ਕਾ ਨਾਉ ॥ ਸੂਖ ਸਹਜ ਅਨੰਦ ਪਾਵਹਿ ਮਿਲੀ ਨਿਰਮਲ ਥਾਉ ॥੧॥ ਰਹਾਉ ॥ ਸਾਧਸੰਗਿ ਉਧਾਰਿ ਇਹੁ ਮਨੁ ਆਠ ਪਹਰ ਆਰਾਧਿ ॥ ਕਾਮੁ ਕ੍ਰੋਧੁ ਅਹੰਕਾਰੁ ਬਿਨਸੈ ਮਿਟੈ ਸਗਲ ਉਪਾਧਿ ॥੨॥ ਅਟਲ ਅਛੇਦ ਅਭੇਦ ਸੁਆਮੀ ਸਰਣਿ ਤਾ ਕੀ ਆਉ ॥ ਚਰਣ ਕਮਲ ਅਰਾਧਿ ਹਿਰਦੈ ਏਕ ਸਿਉ ਲਿਵ ਲਾਉ ॥੩॥ ਪਾਰਬ੍ਰਹਮਿ ਪ੍ਰਭਿ ਦਇਆ ਧਾਰੀ ਬਖਸਿ ਲੀਨੇ੍ ਆਪਿ ॥ ਸਰਬ ਸੁਖ ਹਰਿ ਨਾਮੁ ਦੀਆ ਨਾਨਕ ਸੋ ਪ੍ਰਭੁ ਜਾਪਿ ॥੪॥੨॥੨੮॥ {ਪੰਨਾ 501}

ਪਦਅਰਥ:- ਗੁਰੁ ਸੇਵਿ—ਗੁਰੂ ਦੀ ਸਰਨ ਪੈ ਕੇ । ਸਦ—ਸਦਾ । ਰਮਹੁ—ਚੇਤੇ ਕਰਦਾ ਰਹੁ । ਸਾਸਿ ਸਾਸਿ—ਹਰੇਕ ਸਾਹ ਦੇ ਨਾਲ । ਚਿੰਦ—ਚਿੰਤਾ ।੧।

ਸਹਜ—ਆਤਮਕ ਅਡੋਲਤਾ । ਮਿਲੀ—ਮਿਲਿਆ ਰਹੇਗਾ । ਨਿਰਮਲ—ਪਵਿਤ੍ਰ ਰੱਖਣ ਵਾਲਾ ।੧।ਰਹਾਉ।

ਸੰਗਿ—ਸੰਗਤਿ ਵਿਚ । ਉਧਾਰਿ—(ਵਿਕਾਰਾਂ ਤੋਂ) ਬਚਾ ਲੈ । ਉਪਾਧਿ—ਰੋਗ ।੨।

ਅਛੇਦ—ਅਵਿਨਾਸੀ । ਅਭੇਦ—ਡੂੰਘਾ, ਜਿਸ ਦਾ ਭੇਤ ਨਾ ਪਾਇਆ ਜਾ ਸਕੇ । ਲਿਵ—ਲਗਨ ।੩।

ਪਾਰਬ੍ਰਹਮਿ—ਪਾਰਬ੍ਰਹਮ ਨੇ । ਪ੍ਰਭਿ—ਪ੍ਰਭੂ ਨੇ । ਨਾਨਕ—ਹੇ ਨਾਨਕ! ।੪।

ਅਰਥ:- ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਜਪਦਾ ਰਹੁ (ਸਿਮਰਨ ਦੀ ਬਰਕਤਿ ਨਾਲ) ਸੁਖ, ਆਤਮਕ ਅਡੋਲਤਾ, ਅਨੰਦ ਪ੍ਰਾਪਤ ਕਰੇਂਗਾ, ਤੈਨੂੰ ਉਹ ਥਾਂ ਮਿਲਿਆ ਰਹੇਗਾ ਜੇਹੜਾ ਤੈਨੂੰ ਸਦਾ ਸੁੱਚਾ ਰੱਖ ਸਕੇ ।੧।ਰਹਾਉ।

ਹੇ ਭਾਈ! ਆਪਣੇ ਗੁਰੂ ਦੀ ਸਰਨ ਪੈ ਕੇ ਸਦਾ ਹੀ ਗੋਵਿੰਦ ਦੇ ਗੁਣ ਯਾਦ ਕਰਦਾ ਰਹੁ, ਆਪਣੇ ਹਰੇਕ ਸਾਹ ਦੇ ਨਾਲ ਪਰਮਾਤਮਾ ਦਾ ਆਰਾਧਨ ਕਰਦਾ ਰਹੁ, ਤੇਰੇ ਮਨ ਦੀ ਹਰੇਕ ਚਿੰਤਾ ਦੂਰ ਹੋ ਜਾਇਗੀ ।੧।

ਹੇ ਭਾਈ! ਗੁਰੂ ਦੀ ਸੰਗਤਿ ਵਿਚ ਟਿਕ ਕੇ ਆਪਣੇ ਇਸ ਮਨ ਨੂੰ (ਵਿਕਾਰਾਂ ਤੋਂ) ਬਚਾਈ ਰੱਖ, ਅੱਠੇ ਪਹਰ ਪਰਮਾਤਮਾ ਦਾ ਆਰਾਧਨ ਕਰਦਾ ਰਹੁ, (ਤੇਰੇ ਅੰਦਰੋਂ) ਕਾਮ ਕ੍ਰੋਧ ਅਹੰਕਾਰ ਨਾਸ ਹੋ ਜਾਇਗਾ, ਤੇਰਾ ਹਰੇਕ ਰੋਗ ਦੂਰ ਹੋ ਜਾਇਗਾ ।੨।

ਹੇ ਭਾਈ! ਉਸ ਮਾਲਕ-ਪ੍ਰਭੂ ਦੀ ਸਰਨ ਵਿਚ ਟਿਕਿਆ ਰਹੁ ਜੋ ਸਦਾ ਕਾਇਮ ਰਹਿਣ ਵਾਲਾ ਹੈ ਜੋ ਨਾਸ-ਰਹਿਤ ਹੈ ਜਿਸ ਦਾ ਭੇਤ ਨਹੀਂ ਪਾਇਆ ਜਾ ਸਕਦਾ । ਹੇ ਭਾਈ! ਆਪਣੇ ਹਿਰਦੇ ਵਿਚ ਪ੍ਰਭੂ ਦੇ ਸੋਹਣੇ ਕੋਮਲ ਚਰਨਾਂ ਦਾ ਆਰਾਧਨ ਕਰਿਆ ਕਰ, ਪਰਮਾਤਮਾ ਦੇ ਚਰਨਾਂ ਨਾਲ ਪਿਆਰ ਪਾਈ ਰੱਖ ।੩।

ਹੇ ਭਾਈ! ਪਾਰਬ੍ਰਹਮ ਪ੍ਰਭੂ ਨੇ ਜਿਨ੍ਹਾਂ ਮਨੁੱਖਾਂ ਉਤੇ ਮੇਹਰ ਕੀਤੀ ਉਹਨਾਂ ਨੂੰ ਉਸ ਨੇ ਆਪ ਬਖ਼ਸ਼ ਲਿਆ (ਉਹਨਾਂ ਦੇ ਪਿਛਲੇ ਪਾਪ ਖਿਮਾ ਕਰ ਦਿੱਤੇ) ਉਹਨਾਂ ਨੂੰ ਉਸਨੇ ਸਾਰੇ ਸੁਖਾਂ ਦਾ ਖ਼ਜ਼ਾਨਾ ਆਪਣਾ ਹਰਿ-ਨਾਮ ਦੇ ਦਿੱਤਾ । ਹੇ ਨਾਨਕ! (ਆਖ—ਹੇ ਭਾਈ!) ਤੂੰ ਭੀ ਉਸ ਪ੍ਰਭੂ ਦਾ ਨਾਮ ਜਪਿਆ ਕਰ ।੪।੨।੨੮।

ਗੂਜਰੀ ਮਹਲਾ ੫ ॥ ਗੁਰ ਪ੍ਰਸਾਦੀ ਪ੍ਰਭੁ ਧਿਆਇਆ ਗਈ ਸੰਕਾ ਤੂਟਿ ॥ ਦੁਖ ਅਨੇਰਾ ਭੈ ਬਿਨਾਸੇ ਪਾਪ ਗਏ ਨਿਖੂਟਿ ॥੧॥ ਹਰਿ ਹਰਿ ਨਾਮ ਕੀ ਮਨਿ ਪ੍ਰੀਤਿ ॥ ਮਿਲਿ ਸਾਧ ਬਚਨ ਗੋਬਿੰਦ ਧਿਆਏ ਮਹਾ ਨਿਰਮਲ ਰੀਤਿ ॥੧॥ ਰਹਾਉ ॥ ਜਾਪ ਤਾਪ ਅਨੇਕ ਕਰਣੀ ਸਫਲ ਸਿਮਰਤ ਨਾਮ ॥ ਕਰਿ ਅਨੁਗ੍ਰਹੁ ਆਪਿ ਰਾਖੇ ਭਏ ਪੂਰਨ ਕਾਮ ॥੨॥ ਸਾਸਿ ਸਾਸਿ ਨ ਬਿਸਰੁ ਕਬਹੂੰ ਬ੍ਰਹਮ ਪ੍ਰਭ ਸਮਰਥ ॥ ਗੁਣ ਅਨਿਕ ਰਸਨਾ ਕਿਆ ਬਖਾਨੈ ਅਗਨਤ ਸਦਾ ਅਕਥ ॥੩॥ ਦੀਨ ਦਰਦ ਨਿਵਾਰਿ ਤਾਰਣ ਦਇਆਲ ਕਿਰਪਾ ਕਰਣ ॥ ਅਟਲ ਪਦਵੀ ਨਾਮ ਸਿਮਰਣ ਦ੍ਰਿੜੁ ਨਾਨਕ ਹਰਿ ਹਰਿ ਸਰਣ ॥੪॥੩॥੨੯॥ {ਪੰਨਾ 502}

ਪਦਅਰਥ:- ਪ੍ਰਸਾਦੀ—ਪ੍ਰਸਾਦਿ, ਕਿਰਪਾ ਨਾਲ । ਸੰਕਾ—ਸ਼ੱਕ, ਭਟਕਣਾ । ਨਿਖੂਟਿ ਗਏ—ਮੁੱਕ

ਗਏ ।੧।

ਮਨਿ—ਮਨ ਵਿਚ । ਸਾਧ—ਗੁਰੂ । ਰੀਤਿ—ਜੀਵਨ-ਜੁਗਤਿ । ਨਿਰਮਲ—ਪਵਿਤ੍ਰ ।੧।ਰਹਾਉ।

ਅਨੁਗ੍ਰਹੁ—ਦਇਆ । ਕਰਿ—ਕਰ ਕੇ ।੨।

ਸਾਸਿ ਸਾਸਿ—ਹਰੇਕ ਸਾਹ ਦੇ ਨਾਲ । ਰਸਨਾ—ਜੀਭ । ਬਖਾਨੈ—ਦੱਸੇ ।੩।

ਨਿਵਾਰਿ—ਦੂਰ ਕਰ ਕੇ । ਪਦਵੀ—ਦਰਜਾ ।੪।

ਅਰਥ:- ਹੇ ਭਾਈ! ਜਿਸ ਮਨੁੱਖ ਦੇ ਮਨ ਵਿਚ ਪਰਮਾਤਮਾ ਦੇ ਨਾਮ ਦਾ ਪਿਆਰ ਪੈਦਾ ਹੋ ਜਾਂਦਾ ਹੈ, ਜੇਹੜਾ ਮਨੁੱਖ ਗੁਰੂ ਨੂੰ ਮਿਲ ਕੇ ਗੁਰੂ ਦੀ ਬਾਣੀ ਦੀ ਰਾਹੀਂ ਗੋਬਿੰਦ ਦਾ ਧਿਆਨ ਧਰਦਾ ਹੈ, ਉਸ ਦੀ ਜੀਵਨ-ਜੁਗਤਿ ਬਹੁਤ ਪਵਿਤ੍ਰ ਹੋ ਜਾਂਦੀ ਹੈ ।੧।ਰਹਾਉ।

(ਹੇ ਭਾਈ!) ਜਿਸ ਮਨੁੱਖ ਨੇ ਗੁਰੂ ਦੀ ਕਿਰਪਾ ਨਾਲ ਆਪਣੇ ਹਿਰਦੇ ਵਿਚ ਪਰਮਾਤਮਾ ਦਾ ਧਿਆਨ ਧਰਿਆ (ਉਸ ਦੇ ਅੰਦਰੋਂ) ਡੱਕੇ-ਡੋਲੇ ਖ਼ਤਮ ਹੋ ਗਏ, ਉਸ ਦੇ ਸਾਰੇ ਦੁੱਖ, ਉਸ ਦਾ ਮਾਇਆ ਦੇ ਮੋਹ ਦਾ ਹਨੇਰਾ, ਉਸ ਦੇ ਸਾਰੇ ਡਰ ਦੂਰ ਹੋ ਗਏ, ਉਸ ਦੇ ਸਾਰੇ ਪਾਪ ਮੁੱਕ ਗਏ ।੧।

(ਹੇ ਭਾਈ! ਜੀਵਨ ਵਿਚ ਸਫਲਤਾ ਦੇਣ ਵਾਲਾ ਹਰਿ-ਨਾਮ ਹੀ ਹੈ) ਜੀਵਨ-ਸਫਲਤਾ ਦੇਣ ਵਾਲਾ ਪ੍ਰਭੂ-ਨਾਮ ਸਿਮਰਦਿਆਂ ਸਾਰੇ ਜਪ ਤਪ ਤੇ ਅਨੇਕਾਂ ਹੀ ਮਿਥੇ ਹੋਏ ਧਾਰਮਿਕ ਕੰਮ ਵਿਚੇ ਹੀ ਆ ਗਏ (ਇਹਨਾਂ ਦੀ ਲੋੜ ਨਹੀਂ ਪੈਂਦੀ । ਸਭਨਾਂ ਤੋਂ ਸ੍ਰੇਸ਼ਟ ਨਾਮ-ਸਿਮਰਨ ਹੀ ਹੈ) । ਹੇ ਭਾਈ! ਪਰਮਾਤਮਾ ਮੇਹਰ ਕਰ ਕੇ ਜਿਨ੍ਹਾਂ ਮਨੁੱਖਾਂ ਨੂੰ (ਆਪਣੇ ਚਰਨਾਂ ਵਿਚ ਟਿਕਾਈ) ਰੱਖਦਾ ਹੈ ਉਹਨਾਂ ਦੇ ਸਾਰੇ ਕੰਮ ਸਿਰੇ ਚੜ੍ਹ ਜਾਂਦੇ ਹਨ ।੨।

ਹੇ ਭਾਈ! ਆਪਣੇ ਹਰੇਕ ਸਾਹ ਦੇ ਨਾਲ ਸਮਰੱਥ ਬ੍ਰਹਮ ਪਰਮਾਤਮਾ ਨੂੰ ਯਾਦ ਕਰਦਾ ਰਹੁ, ਉਸ ਨੂੰ ਕਦੇ ਨਾਹ ਵਿਸਾਰ । ਉਸ ਪਰਮਾਤਮਾ ਦੇ ਬੇਅੰਤ ਗੁਣ ਹਨ, ਗਿਣੇ ਨਹੀਂ ਜਾ ਸਕਦੇ, ਮਨੁੱਖ ਦੀ ਜੀਭ ਉਹਨਾਂ ਨੂੰ ਬਿਆਨ ਨਹੀਂ ਕਰ ਸਕਦੀ । ਉਸ ਪਰਮਾਤਮਾ ਦਾ ਸਰੂਪ ਸਦਾ ਹੀ ਬਿਆਨ ਤੋਂ ਪਰੇ ਹੈ ।੩।

ਹੇ ਭਾਈ! ਪਰਮਾਤਮਾ ਗ਼ਰੀਬਾਂ ਦੇ ਦੁੱਖ ਦੂਰ ਕਰ ਕੇ ਉਹਨਾਂ ਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਦੇ ਸਮਰੱਥ ਹੈ, ਦਇਆ ਦਾ ਘਰ ਹੈ, ਉਹ ਹਰੇਕ ਉੱਤੇ ਕਿਰਪਾ ਕਰਨ ਵਾਲਾ ਹੈ, ਉਸ ਦਾ ਨਾਮ ਸਿਮਰਿਆਂ ਅਟੱਲ ਆਤਮਕ ਜੀਵਨ ਦਾ ਦਰਜਾ ਮਿਲ ਜਾਂਦਾ ਹੈ । ਹੇ ਨਾਨਕ! (ਆਖ—ਹੇ ਭਾਈ!) ਹਰਿ-ਨਾਮ ਨੂੰ ਆਪਣੇ ਹਿਰਦੇ ਵਿਚ ਪੱਕਾ ਟਿਕਾਈ ਰੱਖ, ਪਰਮਾਤਮਾ ਦੀ ਸਰਨ ਪਿਆ ਰਹੁ ।੪।੩।੨੯।

ਗੂਜਰੀ ਮਹਲਾ ੫ ॥ ਅਹੰਬੁਧਿ ਬਹੁ ਸਘਨ ਮਾਇਆ ਮਹਾ ਦੀਰਘ ਰੋਗੁ ॥ ਹਰਿ ਨਾਮੁ ਅਉਖਧੁ ਗੁਰਿ ਨਾਮੁ ਦੀਨੋ ਕਰਣ ਕਾਰਣ ਜੋਗੁ ॥੧॥ ਮਨਿ ਤਨਿ ਬਾਛੀਐ ਜਨ ਧੂਰਿ ॥ ਕੋਟਿ ਜਨਮ ਕੇ ਲਹਹਿ ਪਾਤਿਕ ਗੋਬਿੰਦ ਲੋਚਾ ਪੂਰਿ ॥੧॥ ਰਹਾਉ ॥ ਆਦਿ ਅੰਤੇ ਮਧਿ ਆਸਾ ਕੂਕਰੀ ਬਿਕਰਾਲ ॥ ਗੁਰ ਗਿਆਨ ਕੀਰਤਨ ਗੋਬਿੰਦ ਰਮਣੰ ਕਾਟੀਐ ਜਮ ਜਾਲ ॥੨॥ ਕਾਮ ਕ੍ਰੋਧ ਲੋਭ ਮੋਹ ਮੂਠੇ ਸਦਾ ਆਵਾ ਗਵਣ ॥ ਪ੍ਰਭ ਪ੍ਰੇਮ ਭਗਤਿ ਗੁਪਾਲ ਸਿਮਰਣ

ਮਿਟਤ ਜੋਨੀ ਭਵਣ ॥੩॥ ਮਿਤ੍ਰ ਪੁਤ੍ਰ ਕਲਤ੍ਰ ਸੁਰ ਰਿਦ ਤੀਨਿ ਤਾਪ ਜਲੰਤ ॥ ਜਪਿ ਰਾਮ ਰਾਮਾ ਦੁਖ ਨਿਵਾਰੇ ਮਿਲੈ ਹਰਿ ਜਨ ਸੰਤ ॥੪॥ ਸਰਬ ਬਿਧਿ ਭ੍ਰਮਤੇ ਪੁਕਾਰਹਿ ਕਤਹਿ ਨਾਹੀ ਛੋਟਿ ॥ ਹਰਿ ਚਰਣ ਸਰਣ ਅਪਾਰ ਪ੍ਰਭ ਕੇ ਦ੍ਰਿੜੁ ਗਹੀ ਨਾਨਕ ਓਟ ॥੫॥੪॥੩੦॥ {ਪੰਨਾ 502}

ਪਦਅਰਥ:- ਅਹੰਬੁਧਿ—{Ahbi§} 'ਮੈਂ ਮੈਂ' ਕਰਨ ਵਾਲੀ ਅਕਲ, ਅਹੰਕਾਰ । ਸਘਨ—ਸੰਘਣੀ । ਦੀਰਘ—ਲੰਮਾ । ਅਉਖਧੁ—ਦਵਾਈ । ਗੁਰਿ—ਗੁਰੂ ਨੇ । ਕਰਣ ਕਾਰਣ ਜੋਗੁ—ਜਗਤ ਦੇ ਮੂਲ ਪ੍ਰਭੂ ਨਾਲ ਮਿਲਾ ਸਕਣ ਵਾਲਾ ।੧।

ਮਨਿ—ਮਨ ਵਿਚ । ਤਨਿ—ਹਿਰਦੇ ਵਿਚ । ਬਾਛੀਐ—ਤਾਂਘ ਕਰਨੀ ਚਾਹੀਦੀ ਹੈ । ਲਹਹਿ—ਲਹਿ ਜਾਂਦੇ ਹਨ । ਪਾਤਿਕ—ਪਾਪ । ਗੋਬਿੰਦ—ਹੇ ਗੋਬਿੰਦ! ਲੋਚਾ—ਤਾਂਘ । ਪੂਰਿ—ਪੂਰੀ ਕਰ ।੧।ਰਹਾਉ।

ਆਦਿ ਅੰਤੇ ਮਧਿ—ਸਦਾ ਹੀ, ਹਰ ਵੇਲੇ । ਕੂਕਰੀ—ਕੁੱਤੀ । ਬਿਕਰਾਲ—ਡਰਾਉਣੀ । ਕਾਟੀਐ—ਕੱਟ ਲਈਦਾ ਹੈ । ਜਮ ਜਾਲ—ਮੌਤ ਦਾ ਜਾਲ, ਆਤਮਕ ਮੌਤ ਦਾ ਜਾਲ ।੨।

ਮੂਠੇ—ਠੱਗੇ ਹੋਏ, ਲੁੱਟੇ ਹੋਏ । ਆਵਾਗਵਣ—ਜਨਮ ਮਰਣ ਦਾ ਗੇੜ । ਭਵਣ—ਭੌਣਾ ।੩।

ਕਲਤ੍ਰ—ਇਸਤ੍ਰੀ । ਸੁਰਰਿਦ—{s\Hd} ਮਿੱਤਰ, ਹਾਰਦਿਕ ਸਾਂਝ ਵਾਲੇ । ਤੀਨਿ ਤਾਪ—(ਆਦਿ, ਵਿਆਧਿ, ਉਪਾਧਿ—ਇਹ) ਤਿੰਨ ਤਾਪ ।੪।

ਸਰਬ ਬਿਧਿ—ਅਨੇਕਾਂ ਤਰੀਕਿਆਂ ਨਾਲ । ਕਤਹਿ—ਕਿਤੇ ਭੀ । ਛੋਟਿ—ਖ਼ਲਾਸੀ । ਦ੍ਰਿੜੁ—ਪੱਕੀ ਤਰ੍ਹਾਂ । ਗਹੀ—ਫੜੀ ।੫।

ਅਰਥ:- ਹੇ ਭਾਈ! ਆਪਣੇ ਮਨ ਵਿਚ ਆਪਣੇ ਹਿਰਦੇ ਵਿਚ ਪਰਮਾਤਮਾ ਦੇ ਸੇਵਕਾਂ ਦੀ ਚਰਨ-ਧੂੜ (ਦੀ ਪ੍ਰਾਪਤੀ) ਦੀ ਤਾਂਘ ਕਰਦੇ ਰਹਿਣਾ ਚਾਹੀਦਾ ਹੈ (ਤੇ, ਪ੍ਰਭੂ ਚਰਨਾਂ ਵਿਚ ਅਰਦਾਸ ਕਰਨੀ ਚਾਹੀਦੀ ਹੈ—) ਹੇ ਗੋਬਿੰਦ! (ਮੇਰੀ ਇਹ) ਤਾਂਘ ਪੂਰੀ ਕਰ (ਕਿਉਂਕਿ 'ਜਨ-ਧੂਰਿ' ਦੀ ਬਰਕਤਿ ਨਾਲ) ਕ੍ਰੋੜਾਂ ਜਨਮਾਂ ਦੇ ਪਾਪ ਲਹਿ ਜਾਂਦੇ ਹਨ ।੧।ਰਹਾਉ।

ਹੇ ਭਾਈ! ਅਹੰਕਾਰ ਇਕ ਬੜਾ ਲੰਮਾ ਰੋਗ ਹੈ, ਮਾਇਆ ਨਾਲ ਡੂੰਘਾ ਪਿਆਰ ਬੜਾ ਪੁਰਾਣਾ ਰੋਗ ਹੈ (ਇਸ ਰੋਗ ਤੋਂ ਉਸ ਵਡ-ਭਾਗੀ ਮਨੁੱਖ ਦੀ ਖ਼ਲਾਸੀ ਹੁੰਦੀ ਹੈ ਜਿਸ ਨੂੰ) ਗੁਰੂ ਨੇ ਪਰਮਾਤਮਾ ਦਾ ਨਾਮ-ਦਾਰੂ ਦੇ ਦਿੱਤਾ । (ਹੇ ਭਾਈ!) ਪ੍ਰਭੂ ਦਾ ਨਾਮ ਜਗਤ ਦੇ ਮੂਲ-ਪ੍ਰਭੂ ਨਾਲ ਮਿਲਾਣ ਦੀ ਸਮਰੱਥਾ ਰੱਖਦਾ ਹੈ ।੧।

ਹੇ ਭਾਈ! (ਮਾਇਕ ਪਦਾਰਥਾਂ ਦੀ) ਆਸਾ (ਇਕ) ਡਰਾਉਣੀ ਕੁੱਤੀ ਹੈ ਜੋ ਹਰ ਵੇਲੇ (ਜੀਵਾਂ ਦੇ ਮਨ ਵਿਚ ਹੋਰ ਹੋਰ ਪਦਾਰਥਾਂ ਲਈ ਭੌਂਕਦੀ ਰਹਿੰਦੀ ਹੈ, ਤੇ, ਜੀਵਾਂ ਵਾਸਤੇ ਆਤਮਕ ਮੌਤ ਦਾ ਜਾਲ ਖਿਲਾਰੀ ਰੱਖਦੀ ਹੈ) । ਆਤਮਕ ਮੌਤ ਦਾ (ਇਹ) ਜਾਲ ਗੁਰੂ ਦੇ ਦਿੱਤੇ ਗਿਆਨ (ਆਤਮਕ ਜੀਵਨ ਬਾਰੇ ਸਹੀ ਸੂਝ) ਅਤੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਣ ਨਾਲ ਕੱਟਿਆ ਜਾਂਦਾ ਹੈ ।੨।

ਹੇ ਭਾਈ! ਜੇਹੜੇ ਮਨੁੱਖ ਕਾਮ ਕ੍ਰੋਧ ਲੋਭ (ਆਦਿਕ ਚੋਰਾਂ) ਪਾਸੋਂ (ਆਪਣਾ ਆਤਮਕ ਜੀਵਨ) ਲੁਟਾਂਦੇ ਰਹਿੰਦੇ ਹਨ, ਉਹਨਾਂ ਵਾਸਤੇ ਜਨਮ ਮਰਨ ਦਾ ਗੇੜ ਸਦਾ ਬਣਿਆ ਰਹਿੰਦਾ ਹੈ । ਹੇ ਭਾਈ!

ਪਰਮਾਤਮਾ ਨਾਲ ਪਿਆਰ ਪਾਇਆਂ, ਗੋਪਾਲ ਦੀ ਭਗਤੀ ਕੀਤਿਆਂ, ਹਰਿ-ਨਾਮ ਦਾ ਸਿਮਰਨ ਕੀਤਿਆਂ ਅਨੇਕਾਂ ਜੂਨਾਂ ਵਿਚ ਭਟਕਣਾ ਮੁੱਕ ਜਾਂਦਾ ਹੈ ।੩।

ਹੇ ਭਾਈ! ਮਿੱਤਰ, ਪੁੱਤਰ, ਇਸਤ੍ਰੀ ਰਿਸ਼ਤੇਦਾਰ (ਆਦਿਕਾਂ ਦੇ ਮੋਹ ਵਿਚ ਫਸਿਆਂ ਆਧਿ, ਵਿਆਧਿ, ਉਪਾਧਿ) ਤਿੰਨੇ ਤਾਪ ਮਨੁੱਖ (ਦੇ ਆਤਮਕ ਜੀਵਨ) ਨੂੰ ਸਾੜਦੇ ਰਹਿੰਦੇ ਹਨ । ਜੇਹੜਾ ਮਨੁੱਖ ਪਰਮਾਤਮਾ ਦੇ ਸੇਵਕਾਂ ਨੂੰ ਸੰਤ ਜਨਾਂ ਨੂੰ ਮਿਲ ਪੈਂਦਾ ਹੈ ਉਹ ਪਰਮਾਤਮਾ ਦਾ ਨਾਮ ਸਦਾ ਜਪ ਕੇ (ਆਪਣੇ ਸਾਰੇ) ਦੁੱਖ ਦੂਰ ਕਰ ਲੈਂਦਾ ਹੈ ।੪।

(ਹੇ ਭਾਈ! "ਬਿਕਰਾਲ ਆਸਾ ਕੂਕਰੀ" ਦੇ ਪੰਜੇ ਵਿਚ ਫਸ ਕੇ ਜੀਵ) ਅਨੇਕਾਂ ਤਰੀਕਿਆਂ ਨਾਲ ਭਟਕਦੇ ਫਿਰਦੇ ਹਨ (ਤੇ, ਦੁੱਖੀ ਹੋ ਕੇ) ਪੁਕਾਰਦੇ ਹਨ, ਕਿਸੇ ਭੀ ਤਰੀਕੇ ਨਾਲ ਉਹਨਾਂ ਦੀ (ਇਸ "ਬਿਕਰਾਲ ਆਸਾ ਕੂਕਰੀ" ਪਾਸੋਂ) ਖ਼ਲਾਸੀ ਨਹੀਂ ਹੁੰਦੀ ।

ਹੇ ਨਾਨਕ! (ਆਖ—ਮੈਂ ਇਸ ਤੋਂ ਬਚਣ ਲਈ) ਬੇਅੰਤ ਪ੍ਰਭੂ ਦੇ ਚਰਨਾਂ ਦੀ ਸਰਨ ਚਰਨਾਂ ਦੀ ਓਟ ਪੱਕੀ ਤਰ੍ਹਾਂ ਫੜ ਲਈ ਹੈ ।੫।੪।੩੦।

ਗੂਜਰੀ ਮਹਲਾ ੫ ਘਰੁ ੪ ਦੁਪਦੇ ੴ ਸਤਿਗੁਰ ਪ੍ਰਸਾਦਿ ॥ ਆਰਾਧਿ ਸ੍ਰੀਧਰ ਸਫਲ ਮੂਰਤਿ ਕਰਣ ਕਾਰਣ ਜੋਗੁ ॥ ਗੁਣ ਰਮਣ ਸ੍ਰਵਣ ਅਪਾਰ ਮਹਿਮਾ ਫਿਰਿ ਨ ਹੋਤ ਬਿਓਗੁ ॥੧॥ ਮਨ ਚਰਣਾਰਬਿੰਦ ਉਪਾਸ ॥ ਕਲਿ ਕਲੇਸ ਮਿਟੰਤ ਸਿਮਰਣਿ ਕਾਟਿ ਜਮਦੂਤ ਫਾਸ ॥੧॥ ਰਹਾਉ ॥ ਸਤ੍ਰੁ ਦਹਨ ਹਰਿ ਨਾਮ ਕਹਨ ਅਵਰ ਕਛੁ ਨ ਉਪਾਉ ॥ ਕਰਿ ਅਨੁਗ੍ਰਹੁ ਪ੍ਰਭੂ ਮੇਰੇ ਨਾਨਕ ਨਾਮ ਸੁਆਉ ॥੨॥੧॥੩੧॥ {ਪੰਨਾ 502}

ਪਦਅਰਥ:- ਸ੍ਰੀਧਰ—ਲੱਛਮੀ ਦਾ ਸਹਾਰਾ, ਪਰਮਾਤਮਾ । ਸਫਲ ਮੂਰਤਿ—ਜਿਸ ਦੇ ਸਰੂਪ ਦਾ ਦਰਸਨ ਜੀਵਨ ਨੂੰ ਕਾਮਯਾਬ ਕਰਦਾ ਹੈ । ਕਰਣ—ਸ੍ਰਿਸ਼ਟੀ । ਕਾਰਣ—ਸਬੱਬ, ਮੂਲ । ਜੋਗੁ—ਸਮਰੱਥ । ਕਰਣ ਕਾਰਣ ਜੋਗੁ—ਜਗਤ ਦਾ ਸਮਰੱਥ ਮੂਲ । ਬਿਓਗੁ—ਵਿਛੋੜਾ ।੧।

ਮਨ—ਹੇ ਮਨ! ਚਰਣਾਰਬਿੰਦ—ਚਰਣ-ਅਰਬਿੰਦ {ਅਰਬਿੰਦ—ਕਮਲ}, ਚਰਣ ਕਮਲ । ਉਪਾਸ—ਉਪਾਸਨਾ ਕਰ । ਕਲਿ—ਝਗੜੇ । ਸਿਮਰਣਿ—ਸਿਮਰਨ ਨਾਲ । ਫਾਸ—ਫਾਹੀ ।੧।ਰਹਾਉ।

ਸਤ੍ਰੁ—ਵੈਰੀ । ਉਪਾਉ—ਇਲਾਜ । ਅਨੁਗ੍ਰਹੁ—ਦਇਆ । ਸੁਆਉ—ਸਆਰਥ, ਜੀਵਨ-ਮਨੋਰਥ ।੨।

ਅਰਥ:- ਹੇ ਮੇਰੇ ਮਨ! ਪਰਮਾਤਮਾ ਦੇ ਸੋਹਣੇ ਕੋਮਲ ਚਰਨਾਂ ਦੀ ਉਪਾਸਨਾ ਕਰਦਾ ਰਿਹਾ ਕਰ । (ਹਰਿ-ਨਾਮ-) ਸਿਮਰਨ ਦੀ ਬਰਕਤਿ ਨਾਲ ਸਾਰੇ ਦੁੱਖ-ਕਲੇਸ਼ ਮਿਟ ਜਾਂਦੇ ਹਨ (ਸਿਮਰਨ ਨਾਲ) ਤੂੰ ਜਮਦੂਤਾਂ ਦੀਆਂ ਮੋਹ ਦੀਆਂ ਉਹ ਫਾਹੀਆਂ ਕੱਟ ਲੈ (ਜੋ ਆਤਮਕ ਮੌਤ ਲਿਆਉਂਦੀਆਂ ਹਨ) ।੧।ਰਹਾਉ।

ਹੇ ਮਨ! ਉਸ ਲੱਛਮੀ-ਪਤੀ ਪ੍ਰਭੂ ਦੀ ਆਰਾਧਨਾ ਕਰਿਆ ਕਰ, ਜਿਸ ਦੇ ਸਰੂਪ ਦਾ ਦਰਸਨ ਜੀਵਨ ਨੂੰ ਕਾਮਯਾਬ ਕਰ ਦੇਂਦਾ ਹੈ, ਤੇ, ਜੋ ਜਗਤ ਦਾ ਸਮਰੱਥ ਮੂਲ ਹੈ । ਉਸ ਬੇਅੰਤ ਪਰਮਾਤਮਾ ਦੀ ਵਡਿਆਈ ਤੇ ਗੁਣ ਗਾਵਿਆਂ ਤੇ ਸੁਣਿਆਂ ਮੁੜ ਕਦੇ ਉਸ ਦੇ ਚਰਨਾਂ ਨਾਲੋਂ ਵਿਛੋੜਾ ਨਹੀਂ ਹੁੰਦਾ ।੧।

ਹੇ ਮਨ! ਪਰਮਾਤਮਾ ਦਾ ਨਾਮ ਸਿਮਰਨਾ ਹੀ ਕਾਮਾਦਿਕ ਵੈਰੀਆਂ ਨੂੰ ਸਾੜਨ ਲਈ ਵਸੀਲਾ ਹੈ, (ਇਸ

ਤੋਂ ਬਿਨਾ ਇਹਨਾਂ ਤੋਂ ਬਚਣ ਲਈ) ਹੋਰ ਕੋਈ ਤਰੀਕਾ ਨਹੀਂ ਹੈ ।

ਹੇ ਨਾਨਕ! (ਆਖ—) ਹੇ ਮੇਰੇ ਪ੍ਰਭੂ! ਮੇਹਰ ਕਰ, ਤੇਰਾ ਨਾਮ ਸਿਮਰਨਾ ਹੀ ਮੇਰੇ ਜੀਵਨ ਦਾ ਮਨੋਰਥ ਬਣਿਆ ਰਹੇ ।੨।੩੧।

ਗੂਜਰੀ ਮਹਲਾ ੫ ॥ ਤੂੰ ਸਮਰਥੁ ਸਰਨਿ ਕੋ ਦਾਤਾ ਦੁਖ ਭੰਜਨੁ ਸੁਖ ਰਾਇ ॥ ਜਾਹਿ ਕਲੇਸ ਮਿਟੇ ਭੈ ਭਰਮਾ ਨਿਰਮਲ ਗੁਣ ਪ੍ਰਭ ਗਾਇ ॥੧॥ ਗੋਵਿੰਦ ਤੁਝ ਬਿਨੁ ਅਵਰੁ ਨ ਠਾਉ ॥ ਕਰਿ ਕਿਰਪਾ ਪਾਰਬ੍ਰਹਮ ਸੁਆਮੀ ਜਪੀ ਤੁਮਾਰਾ ਨਾਉ ॥ ਰਹਾਉ ॥ ਸਤਿਗੁਰ ਸੇਵਿ ਲਗੇ ਹਰਿ ਚਰਨੀ ਵਡੈ ਭਾਗਿ ਲਿਵ ਲਾਗੀ ॥ ਕਵਲ ਪ੍ਰਗਾਸ ਭਏ ਸਾਧਸੰਗੇ ਦੁਰਮਤਿ ਬੁਧਿ ਤਿਆਗੀ ॥੨॥ ਆਠ ਪਹਰ ਹਰਿ ਕੇ ਗੁਣ ਗਾਵੈ ਸਿਮਰੈ ਦੀਨ ਦੈਆਲਾ ॥ ਆਪਿ ਤਰੈ ਸੰਗਤਿ ਸਭ ਉਧਰੈ ਬਿਨਸੇ ਸਗਲ ਜੰਜਾਲਾ ॥੩॥ ਚਰਣ ਅਧਾਰੁ ਤੇਰਾ ਪ੍ਰਭ ਸੁਆਮੀ ਓਤਿ ਪੋਤਿ ਪ੍ਰਭੁ ਸਾਥਿ ॥ ਸਰਨਿ ਪਰਿਓ ਨਾਨਕ ਪ੍ਰਭ ਤੁਮਰੀ ਦੇ ਰਾਖਿਓ ਹਰਿ ਹਾਥ ॥੪॥੨॥੩੨॥ {ਪੰਨਾ 502-503}

ਪਦਅਰਥ:- ਕੋ—ਦਾ । ਸਰਨਿ ਕੋ ਦਾਤਾ—ਆਸਰਾ ਦੇਣ ਵਾਲਾ । ਸੁਖਰਾਇ—ਸੁਖਾਂ ਦਾ ਰਾਜਾ, ਸੁਖ ਦੇਣ ਵਾਲਾ । ਜਾਹਿ—ਦੂਰ ਹੋ ਜਾਂਦੇ ਹਨ । ਭੈ—(ਲਫ਼ਜ਼ 'ਭਉ' ਤੋਂ ਬਹੁ-ਵਚਨ} । ਪ੍ਰਭ—ਹੇ ਪ੍ਰਭੂ! ਗਾਇ—ਗਾ ਕੇ ।੧।

ਗੋਵਿੰਦ—ਹੇ ਗੋਵਿੰਦ! ਠਾਉ—ਥਾਂ, ਆਸਰਾ । ਪਾਰਬ੍ਰਹਮ—ਹੇ ਪਾਰਬ੍ਰਹਮ! ਜਪੀ—ਜਪੀਂ, ਮੈਂ ਜਪਾਂ ।੧।ਰਹਾਉ।

ਸੇਵਿ—ਸੇਵਾ ਕਰ ਕੇ, ਸਰਨ ਪੈ ਕੇ । ਭਾਗਿ—ਕਿਸਮਤ ਨਾਲ । ਲਿਵ—ਲਗਨ । ਕਵਲ—ਹਿਰਦਾ-ਕੌਲ । ਸੰਗੇ—ਸੰਗਤਿ ਵਿਚ । ਦੁਰਮਤਿ—ਖੋਟੀ ਮਤਿ ਵਾਲੀ ।੨।

ਗਾਵੈ—ਗਾਂਦਾ ਹੈ । ਦੈਆਲਾ—ਦਇਆ ਦਾ ਘਰ । ਉਧਰੈ—(ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੀ ਹੈ । ਜੰਜਾਲਾ—ਬੰਧਨ ।੩।

ਅਧਾਰੁ—ਆਸਰਾ । ਓਤਿ—ਉਣੇ ਹੋਏ ਵਿਚ । ਪੋਤਿ—ਪ੍ਰੋਤੇ ਹੋਏ ਵਿਚ । ਓਤਿ ਪੋਤਿ—ਜਿਵੇਂ ਤਾਣੇ ਪੇਟੇ ਦੇ ਧਾਗੇ ਆਪੋ ਵਿਚ ਮਿਲੇ ਹੁੰਦੇ ਹਨ । ਪ੍ਰਭੂ—ਮਾਲਕ । ਦੇ—ਦੇ ਕੇ । ਹਰਿ—ਹੇ ਹਰੀ! ।੪।

ਅਰਥ:- ਹੇ ਮੇਰੇ ਗੋਵਿੰਦ! ਤੈਥੋਂ ਬਿਨਾ ਮੇਰਾ ਹੋਰ ਕੋਈ ਆਸਰਾ ਨਹੀਂ । ਹੇ ਪਾਰਬ੍ਰਹਮ! ਹੇ ਸੁਆਮੀ! (ਮੇਰੇ ਉਤੇ) ਮੇਹਰ ਕਰ, ਮੈਂ (ਸਦਾ) ਤੇਰਾ ਨਾਮ ਜਪਦਾ ਰਹਾਂ ।੧।ਰਹਾਉ।

ਹੇ ਪ੍ਰਭੂ! ਤੂੰ ਸਾਰੀਆਂ ਤਾਕਤਾਂ ਦਾ ਮਾਲਕ ਹੈਂ, ਤੂੰ ਸਰਨ ਆਏ ਨੂੰ ਸਹਾਰਾ ਦੇਣ ਵਾਲਾ ਹੈਂ, ਤੂੰ (ਜੀਵਾਂ ਦੇ) ਦੁੱਖ ਦੂਰ ਕਰਨ ਵਾਲਾ ਹੈਂ, ਤੇ ਸੁਖ ਦੇਣ ਵਾਲਾ ਹੈਂ । ਤੇਰੇ ਪਵਿਤ੍ਰ ਗੁਣ ਗਾ ਗਾ ਕੇ ਜੀਵਾਂ ਦੇ ਦੁੱਖ ਦੂਰ ਹੋ ਜਾਂਦੇ ਹਨ, ਸਾਰੇ ਡਰ ਭਰਮ ਮਿਟ ਜਾਂਦੇ ਹਨ ।੧।

ਹੇ ਭਾਈ! ਜੇਹੜੇ ਮਨੁੱਖ ਵੱਡੀ ਕਿਸਮਤਿ ਨਾਲ ਗੁਰੂ ਦੀ ਸਰਨ ਪੈ ਕੇ ਪ੍ਰਭੂ-ਚਰਨਾਂ ਵਿਚ ਜੁੜਦੇ ਹਨ, ਉਹਨਾਂ ਦੀ ਲਗਨ (ਪਰਮਾਤਮਾ ਨਾਲ) ਲੱਗ ਜਾਂਦੀ ਹੈ, ਗੁਰੂ ਦੀ ਸੰਗਤਿ ਵਿਚ ਰਹਿ ਕੇ ਉਹਨਾਂ ਦੇ ਹਿਰਦੇ-ਕੌਲ ਖਿੜ ਜਾਂਦੇ ਹਨ, ਉਹ ਖੋਟੀ ਮਤਿ ਵਾਲੀ ਬੁੱਧੀ ਤਿਆਗ ਦੇਂਦੇ ਹਨ ।੨।

ਹੇ ਭਾਈ! ਜੇਹੜਾ ਮਨੁੱਖ ਅੱਠੇ ਪਹਰ ਪਰਮਾਤਮਾ ਦੇ ਗੁਣ ਗਾਂਦਾ ਹੈ, ਦੀਨਾਂ ਉਤੇ ਦਇਆ ਕਰਨ ਵਾਲੇ ਦਾ ਨਾਮ ਸਿਮਰਦਾ ਹੈ, ਉਹ ਆਪ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ, ਉਸ ਦੇ ਨਾਲ ਮੇਲ ਰੱਖਣ ਵਾਲਾ ਸਾਥ ਭੀ ਪਾਰ ਲੰਘ ਜਾਂਦਾ ਹੈ, ਉਸ ਦੇ ਸਾਰੇ ਮਾਇਕ-ਬੰਧਨ ਨਾਸ ਹੋ ਜਾਂਦੇ ਹਨ ।੩।

ਹੇ ਪ੍ਰਭੂ! ਹੇ ਸੁਆਮੀ! ਜਿਸ ਮਨੁੱਖ ਨੇ ਤੇਰੇ ਚਰਨਾਂ ਨੂੰ ਆਪਣੀ ਜ਼ਿੰਦਗੀ ਦਾ ਸਹਾਰਾ ਬਣਾ ਲਿਆ, ਤੂੰ ਮਾਲਕ ਤਾਣੇ ਪੇਟੇ ਵਾਂਗ ਸਦਾ ਉਸ ਦੇ ਨਾਲ ਰਹਿੰਦਾ ਹੈਂ । ਹੇ ਨਾਨਕ! (ਆਖ—) ਹੇ ਪ੍ਰਭੂ! ਜੇਹੜਾ ਮਨੁੱਖ ਤੇਰੀ ਸਰਨ ਆ ਪਿਆ, ਹੇ ਹਰੀ! ਤੂੰ ਉਸ ਨੂੰ ਆਪਣੇ ਹੱਥ ਦੇ ਕੇ (ਸੰਸਾਰ-ਸਮੁੰਦਰ ਤੋਂ) ਬਚਾਂਦਾ ਹੈਂ ।੪।੩੨।

ਨੋਟ:- ਇਹ ੩੨ ਸ਼ਬਦ ਸਿਰਫ਼ ਮ: ੫ ਦੇ ਹਨ ।

ਮ: ੧ — ੨
ਮ: ੩ — ੭
ਮ: ੪ — ੭
ਮ: ੫ — ੩੨
. . . . ——
ਕੁੱਲ ਜੋੜ ੪੮ ਬਣਦਾ ਹੈ ।

ਗੂਜਰੀ ਅਸਟਪਦੀਆ ਮਹਲਾ ੧ ਘਰੁ ੧ ੴ ਸਤਿਗੁਰ ਪ੍ਰਸਾਦਿ ॥ ਏਕ ਨਗਰੀ ਪੰਚ ਚੋਰ ਬਸੀਅਲੇ ਬਰਜਤ ਚੋਰੀ ਧਾਵੈ ॥ ਤ੍ਰਿਹਦਸ ਮਾਲ ਰਖੈ ਜੋ ਨਾਨਕ ਮੋਖ ਮੁਕਤਿ ਸੋ ਪਾਵੈ ॥੧॥ ਚੇਤਹੁ ਬਾਸੁਦੇਉ ਬਨਵਾਲੀ ॥ ਰਾਮੁ ਰਿਦੈ ਜਪਮਾਲੀ ॥੧॥ ਰਹਾਉ ॥ ਉਰਧ ਮੂਲ ਜਿਸੁ ਸਾਖ ਤਲਾਹਾ ਚਾਰਿ ਬੇਦ ਜਿਤੁ ਲਾਗੇ ॥ ਸਹਜ ਭਾਇ ਜਾਇ ਤੇ ਨਾਨਕ ਪਾਰਬ੍ਰਹਮ ਲਿਵ ਜਾਗੇ ॥੨॥ ਪਾਰਜਾਤੁ ਘਰਿ ਆਗਨਿ ਮੇਰੈ ਪੁਹਪ ਪਤ੍ਰ ਤਤੁ ਡਾਲਾ ॥ ਸਰਬ ਜੋਤਿ ਨਿਰੰਜਨ ਸੰਭੂ ਛੋਡਹੁ ਬਹੁਤੁ ਜੰਜਾਲਾ ॥੩॥ ਸੁਣਿ ਸਿਖਵੰਤੇ ਨਾਨਕੁ ਬਿਨਵੈ ਛੋਡਹੁ ਮਾਇਆ ਜਾਲਾ ॥ ਮਨਿ ਬੀਚਾਰਿ ਏਕ ਲਿਵ ਲਾਗੀ ਪੁਨਰਪਿ ਜਨਮੁ ਨ ਕਾਲਾ ॥੪॥ ਸੋ ਗੁਰੂ ਸੋ ਸਿਖੁ ਕਥੀਅਲੇ ਸੋ ਵੈਦੁ ਜਿ ਜਾਣੈ ਰੋਗੀ ॥ ਤਿਸੁ ਕਾਰਣਿ ਕੰਮੁ ਨ ਧੰਧਾ ਨਾਹੀ ਧੰਧੈ ਗਿਰਹੀ ਜੋਗੀ ॥੫॥ ਕਾਮੁ ਕ੍ਰੋਧੁ ਅਹੰਕਾਰੁ ਤਜੀਅਲੇ ਲੋਭੁ ਮੋਹੁ ਤਿਸ ਮਾਇਆ ॥ ਮਨਿ ਤਤੁ ਅਵਿਗਤੁ ਧਿਆਇਆ ਗੁਰ ਪਰਸਾਦੀ ਪਾਇਆ ॥੬॥ ਗਿਆਨੁ ਧਿਆਨੁ ਸਭ ਦਾਤਿ ਕਥੀਅਲੇ ਸੇਤ ਬਰਨ ਸਭਿ ਦੂਤਾ ॥ ਬ੍ਰਹਮ ਕਮਲ ਮਧੁ ਤਾਸੁ ਰਸਾਦੰ ਜਾਗਤ ਨਾਹੀ ਸੂਤਾ ॥੭॥ ਮਹਾ ਗੰਭੀਰ ਪਤ੍ਰ ਪਾਤਾਲਾ ਨਾਨਕ ਸਰਬ ਜੁਆਇਆ ॥ ਉਪਦੇਸ ਗੁਰੂ ਮਮ ਪੁਨਹਿ ਨ ਗਰਭੰ ਬਿਖੁ ਤਜਿ ਅੰਮ੍ਰਿਤੁ ਪੀਆਇਆ ॥੮॥੧॥ {ਪੰਨਾ 503}

ਪਦਅਰਥ:- ਏਕ ਨਗਰੀ—ਇਕੋ ਹੀ (ਸਰੀਰ-) ਸ਼ਹਰ ਵਿਚ । ਪੰਚ—ਪੰਜ । ਬਸੀਅਲੇ—ਵੱਸੇ ਹੋਏ ਹਨ । ਬਰਜਤ—ਰੋਕਦਿਆਂ ਰੋਕਦਿਆਂ, ਵਰਜਦਿਆਂ ਭੀ । ਧਾਵੈ—(ਹਰੇਕ ਚੋਰ ਚੋਰੀ ਕਰਨ ਲਈ) ਦੌੜ ਪੈਂਦਾ ਹੈ । ਤ੍ਰਿਹ—ਮਾਇਆ ਦੇ ਤਿੰਨ ਗੁਣ । ਦਸ—ਇੰਦ੍ਰੇ । ਮਾਲ—ਸਰਮਾਇਆ । ਨਾਨਕ—

ਹੇ ਨਾਨਕ! ਸੋ—ਉਹ ਮਨੁੱਖ ।੧।

ਬਾਸੁਦੇਉ—ਸਰਬ-ਵਿਆਪਕ ਪ੍ਰਭੂ! ਬਨਮਾਲੀ—ਸਾਰੀ ਬਨਸਪਤੀ ਜਿਸ ਦੀ ਮਾਲਾ ਹੈ, ਪਰਮਾਤਮਾ । ਰਿਦੈ—ਹਿਰਦੇ ਵਿਚ । ਜਪ ਮਾਲੀ—ਮਾਲਾ ।੧।ਰਹਾਉ।

ਉਰਧ ਮੂਲ—(ਜੋ) ਉੱਚੀ ਜੜ੍ਹ ਵਾਲੀ (ਹੈ) ਉਹ ਮਾਇਆ ਜਿਸ ਦਾ ਮੂਲ-ਪ੍ਰਭੂ ਮਾਇਆ ਦੇ ਪ੍ਰਭਾਵ ਤੋਂ ਉੱਚਾ ਹੈ । ਜਿਸੁ—ਜਿਸ ਮਾਇਆ ਦੀਆਂ । ਸਾਖ—ਟਹਿਣੀਆਂ, ਪਸਾਰਾ । ਤਲਾਹਾ—ਹੇਠਾਂ ਵਲ, ਮਾਇਆ ਦੇ ਅਸਰ ਹੇਠ । ਜਿਤੁ—ਜਿਸ (ਮਾਇਆ) ਵਿਚ, ਜਿਸ (ਮਾਇਆ ਦੇ ਬਲ ਦੇ ਜ਼ਿਕਰ) ਵਿਚ । ਸਹਜ ਭਾਇ—ਸਹਜੇ ਹੀ, ਸੁਖੈਨ ਹੀ । ਜਾਇ—ਚਲੀ ਜਾਂਦੀ ਹੈ, ਪਰੇ ਹਟ ਜਾਂਦੀ ਹੈ । ਤੇ—(ਕਿਉਂਕਿ) ਉਹ ਬੰਦੇ । ਜਾਗੇ—ਜਾਗਦੇ ਰਹਿੰਦੇ ਹਨ, ਸੁਚੇਤ ਰਹਿੰਦੇ ਹਨ ।੨।

ਪਾਰਜਾਤੁ—ਸੁਰਗ ਦਾ ਇਕ ਰੁੱਖ ਜੋ ਸਾਰੀਆਂ ਕਾਮਨਾਂ ਪੂਰੀਆਂ ਕਰਨ ਦੇ ਸਮਰਥ ਮਿਥਿਆ ਗਿਆ ਹੈ, ਸਰਬ-ਇੱਛਾ-ਪੂਰਕ ਪ੍ਰਭੂ । ਘਰਿ—ਘਰ ਵਿਚ, ਹਿਰਦੇ ਵਿਚ । ਆਗਨਿ—ਵੇਹੜੇ ਵਿਚ । ਪੁਹਪ—ਫੁੱਲ । ਤਤੁ—ਸਾਰੇ ਜਗਤ ਦਾ ਮੂਲ । ਸੰਭੂ—{ÔvXiBi} ਆਪਣੇ ਆਪ ਤੋਂ ਜਨਮਿਆ ਹੋਇਆ ।੩।

ਸਿਖਵੰਤੇ—ਹੇ ਸਿੱਖਿਆ ਲੈਣ ਵਾਲੇ! ਮਨਿ—ਮਨ ਵਿਚ । ਬੀਚਾਰਿ—ਵਿਚਾਰ ਵਿਚ । ਪੁਨਰਪਿ {pin: Aip} ਮੁੜ ਮੁੜ । ਕਾਲਾ—ਕਾਲ, ਮੌਤ ।੪।

ਕਥੀਅਲੇ—ਕਿਹਾ ਜਾਂਦਾ ਹੈ । ਵੈਦੁ—ਹਕੀਮ । ਤਿਸੁ ਕਾਰਣਿ—ਉਸ (ਪ੍ਰਭੂ ਦੇ ਸਿਮਰਨ) ਦੀ ਬਰਕਤਿ ਨਾਲ । ਧੰਧੈ—ਧੰਧੇ ਵਿਚ, ਜੰਜਾਲ ਵਿਚ । ਗਿਰਹੀ—ਗ੍ਰਿਹਸਤੀ ।੫।

ਤਜੀਅਲੇ—ਤਿਆਗਿਆ । ਤਿਸ—ਤ੍ਰਿਸ਼ਨਾ । ਅਵਿਗਤੁ—{AÒX#q} ਅਦ੍ਰਿਸ਼ਟ ਪ੍ਰਭੂ ।੬।

ਕਥੀਅਲੇ—ਕਹੀ ਜਾਂਦੀ ਹੈ । ਸੇਤ—ਚਿੱਟਾ, ਫਿੱਕਾ । ਬਰਨ—ਰੰਗ । ਸੇਤ ਬਰਨ—ਜਿਨ੍ਹਾਂ ਦੇ ਰੰਗ ਫੱਕ ਹੋ ਜਾਂਦੇ ਹਨ । ਦੂਤਾ—ਕਾਮਾਦਿਕ ਵੈਰੀ । ਮਧੁ—ਸ਼ਹਿਦ । ਤਾਸੁ—{qÔX} ਉਸ (ਸ਼ਹਿਦ) ਦਾ । ਰਸਾਦੰ—{AÜ—ਖਾਣਾ, ਰੱਖਣਾ} ਰਸ ਚੱਖਣ ਵਾਲਾ ।੭।

ਜੁਆਇਆ—ਜੁੜਿਆ ਹੋਇਆ, ਵਿਆਪਕ । ਮਮ—ਮੇਰਾ । ਪੁਨਹਿ—{pin:} ਮੁੜ ਫਿਰ । ਗਰਭੰ—ਗਰਭ-ਵਾਸ, ਜਨਮ । ਬਿਖੁ—(ਮਾਇਆ-) ਜ਼ਹਰ । ਤਜਿ—ਛੱਡ ਕੇ ।੮।

ਅਰਥ:- ਹੇ ਭਾਈ । ਸਰਬ-ਵਿਆਪਕ ਜਗਤ-ਮਾਲਕ ਪਰਮਾਤਮਾ ਨੂੰ ਸਦਾ ਚੇਤੇ ਰੱਖੋ । ਪ੍ਰਭੂ ਨੂੰ ਆਪਣੇ ਹਿਰਦੇ ਵਿਚ ਟਿਕਾਓ—(ਇਸ ਨੂੰ ਆਪਣੀ) ਮਾਲਾ (ਬਣਾਉ) ।੧।ਰਹਾਉ।

ਇਸ ਇਕੋ ਹੀ (ਸਰੀਰ-) ਨਗਰ ਵਿਚ (ਕਾਮਾਦਿਕ) ਪੰਜ ਚੋਰ ਵੱਸੇ ਹੋਏ ਹਨ, ਵਰਜਦਿਆਂ ਭੀ (ਇਹਨਾਂ ਵਿਚੋਂ ਹਰੇਕ ਇਸ ਨਗਰ ਵਿਚਲੇ ਆਤਮਕ ਗੁਣਾਂ ਨੂੰ) ਚੁਰਾਣ ਲਈ ਉੱਠ ਦੌੜਦਾ ਹੈ । (ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾ ਕੇ) ਜੇਹੜਾ ਮਨੁੱਖ (ਇਹਨਾਂ ਪੰਜਾਂ ਤੋਂ) ਮਾਇਆ ਦੇ ਤਿੰਨ ਗੁਣਾਂ ਤੋਂ ਅਤੇ ਦਸ ਇੰਦ੍ਰਿਆਂ ਤੋਂ (ਆਪਣਾ ਆਤਮਕ ਗੁਣਾਂ ਦਾ) ਸਰਮਾਇਆ ਬਚਾ ਰੱਖਦਾ ਹੈ, ਹੇ ਨਾਨਕ! ਉਹ (ਇਹਨਾਂ ਤੋਂ) ਸਦਾ ਲਈ ਖ਼ਲਾਸੀ ਪ੍ਰਾਪਤ ਕਰ ਲੈਂਦਾ ਹੈ ।੧।

ਜਿਸ ਮਾਇਆ ਦਾ ਮੂਲ-ਪ੍ਰਭੂ, ਮਾਇਆ ਦੇ ਪ੍ਰਭਾਵ ਤੋਂ ਉੱਚਾ ਹੈ, ਜਗਤ ਪਸਾਰਾ ਜਿਸ ਮਾਇਆ ਦੇ ਪ੍ਰਭਾਵ ਹੇਠ ਹੈ, ਚਾਰੇ ਵੇਦ ਜਿਸ (ਮਾਇਆ ਦੇ ਬਲ ਦੇ ਜ਼ਿਕਰ) ਵਿਚ ਲੱਗੇ ਰਹੇ ਹਨ, ਉਹ ਮਾਇਆ ਸਹਜੇ ਹੀ (ਉਹਨਾਂ ਬੰਦਿਆਂ ਤੋਂ) ਪਰੇ ਹਟ ਜਾਂਦੀ ਹੈ (ਜੋ ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾਂਦੇ

ਹਨ, ਕਿਉਂਕਿ) ਉਹ ਬੰਦੇ, ਹੇ ਨਾਨਕ! ਪਰਮਾਤਮਾ (ਦੇ ਚਰਨਾਂ) ਵਿਚ ਸੁਰਤਿ ਜੋੜ ਕੇ (ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦੇ ਹਨ ।੨।

(ਇਹ ਸਾਰਾ ਜਗਤ ਜਿਸ ਪਾਰਜਾਤ-ਪ੍ਰਭੂ ਦਾ) ਫੁੱਲ ਪੱਤਰ ਡਾਲੀਆਂ ਆਦਿਕ ਪਸਾਰਾ ਹੈ, ਜੋ ਪ੍ਰਭੂ ਸਾਰੇ ਜਗਤ ਦਾ ਮੂਲ ਹੈ, ਜਿਸ ਦੀ ਜੋਤਿ ਸਭ ਜੀਵਾਂ ਵਿਚ ਪਸਰ ਰਹੀ ਹੈ, ਜੋ ਮਾਇਆ ਦੇ ਪ੍ਰਭਾਵ ਤੋਂ ਪਰੇ ਹੈ, ਜਿਸ ਦਾ ਪ੍ਰਕਾਸ਼ ਆਪਣੇ ਆਪ ਤੋਂ ਹੈ, ਉਹ (ਸਰਬ-ਇੱਛਾ-ਪੂਰਕ) ਪਾਰਜਾਤ (-ਪ੍ਰਭੂ) ਮੇਰੇ ਹਿਰਦੇ-ਆਂਗਨ ਵਿਚ ਪਰਗਟ ਹੋ ਗਿਆ ਹੈ (ਤੇ ਮੇਰੇ ਅੰਦਰੋਂ ਮਾਇਆ ਵਾਲੇ ਜੰਜਾਲ ਮੁੱਕ ਗਏ ਹਨ) । (ਹੇ ਭਾਈ! ਤੁਸੀ ਭੀ ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾਉ, ਇਸ ਤਰ੍ਹਾਂ) ਮਾਇਆ ਦੇ ਬਹੁਤੇ ਜੰਜਾਲ ਛੱਡ ਸਕੋਗੇ ।੩।

ਹੇ (ਮੇਰੀ) ਸਿੱਖਿਆ ਸੁਣਨ ਵਾਲੇ ਭਾਈ! ਜੋ ਬੇਨਤੀ ਨਾਨਕ ਕਰਦਾ ਹੈ ਉਹ ਸੁਣ-(ਆਪਣੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਧਾਰਨ ਕਰ, ਇਸ ਤਰ੍ਹਾਂ ਤੂੰ) ਮਾਇਆ ਦੇ ਬੰਧਨ ਤਿਆਗ ਸਕੇਂਗਾ । ਜਿਸ ਮਨੁੱਖ ਦੇ ਮਨ ਵਿਚ ਸੋਚ-ਮੰਡਲ ਵਿਚ ਇਕ ਪਰਮਾਤਮਾ ਦੀ ਲਿਵ ਲੱਗ ਜਾਂਦੀ ਹੈ ਉਸ ਨੂੰ ਮੁੜ ਮੁੜ ਜਨਮ ਮਰਨ (ਦਾ ਗੇੜ) ਨਹੀਂ ਹੁੰਦਾ ।੪।

(ਜਿਸ ਮਨੁੱਖ ਨੇ ਪਰਮਾਤਮਾ ਨੂੰ ਹਿਰਦੇ ਵਿਚ ਵਸਾ ਲਿਆ ਹੈ) ਉਹ ਗੁਰੂ ਕਿਹਾ ਜਾ ਸਕਦਾ ਹੈ, ਉਹ (ਅਸਲ) ਸਿੱਖ ਕਿਹਾ ਜਾ ਸਕਦਾ ਹੈ, ਉਹ (ਅਸਲ) ਵੈਦ ਕਿਹਾ ਜਾ ਸਕਦਾ ਹੈ ਕਿਉਂਕਿ ਉਹ ਹੋਰ (ਆਤਮਕ) ਰੋਗੀਆਂ ਦੇ ਰੋਗ ਸਮਝ ਲੈਂਦਾ ਹੈ । ਪਰਮਾਤਮਾ ਦੇ ਸਿਮਰਨ ਦੀ ਬਰਕਤਿ ਨਾਲ ਦੁਨੀਆ ਦਾ ਕੰਮ-ਧੰਧਾ ਉਸ ਨੂੰ ਵਿਆਪ ਨਹੀਂ ਸਕਦਾ । (ਪ੍ਰਭੂ ਦੇ ਸਿਮਰਨ ਸਦਕਾ) ਉਹ ਮਾਇਆ ਦੇ ਬੰਧਨ ਵਿਚ ਨਹੀਂ (ਫਸਦਾ), ਉਹ ਗ੍ਰਿਹਸਤੀ (ਹੁੰਦਾ ਭੀ) ਜੋਗੀ ਹੈ ।੫।

ਜਿਸ ਮਨੁੱਖ ਨੇ ਗੁਰੂ ਦੀ ਮੇਹਰ ਨਾਲ ਆਪਣੇ ਮਨ ਵਿਚ ਜਗਤ-ਮੂਲ ਅਦ੍ਰਿਸ਼ਟ ਪ੍ਰਭੂ ਨੂੰ ਸਿਮਰਿਆ ਹੈ ਤੇ ਉਸ ਨਾਲ ਮਿਲਾਪ ਹਾਸਲ ਕਰ ਲਿਆ ਹੈ ਉਸ ਨੇ ਕਾਮ ਕ੍ਰੋਧ ਤੇ ਅਹੰਕਾਰ ਤਿਆਗ ਦਿੱਤਾ ਹੈ, ਉਸ ਨੇ ਲੋਭ ਮੋਹ ਤੇ ਮਾਇਆ ਦੀ ਤ੍ਰਿਸ਼ਨਾ ਛੱਡ ਦਿੱਤੀ ਹੈ ।੬।

ਪਰਮਾਤਮਾ ਨਾਲ ਡੂੰਘੀ ਸਾਂਝ ਬਣਨੀ, ਪ੍ਰਭੂ-ਚਰਨਾਂ ਵਿਚ ਸੁਰਤਿ ਜੁੜਨੀ—ਇਹ ਸਭ ਪ੍ਰਭੂ ਦੀ ਦਾਤਿ ਹੀ ਕਹੀ ਜਾ ਸਕਦੀ ਹੈ, (ਜਿਸ ਨੂੰ ਇਹ ਦਾਤਿ ਮਿਲਦੀ ਹੈ ਉਸ ਨੂੰ ਤੱਕ ਕੇ) ਕਾਮਾਦਿਕ ਵੈਰੀਆਂ ਦਾ ਰੰਗ ਫੱਕ ਹੋ ਜਾਂਦਾ ਹੈ, ਕਿਉਂਕਿ ਸਿਮਰਨ ਦੀ ਬਰਕਤਿ ਨਾਲ ਉਸ ਦੇ ਹਿਰਦੇ ਵਿਚ, ਮਾਨੋ) ਬ੍ਰਹਮ-ਰੂਪ ਕਮਲ ਦਾ ਸ਼ਹਿਦ (ਚੋਣ ਲੱਗ ਪੈਂਦਾ ਹੈ) ਉਸ (ਨਾਮ-ਅੰਮ੍ਰਿਤ ਸ਼ਹਿਦ ਦਾ) ਰਸ ਉਹ ਮਨੁੱਖ ਚੱਖਦਾ ਹੈ (ਇਸ ਕਰਕੇ ਉਹ ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦਾ ਹੈ, (ਮਾਇਆ-ਮੋਹ ਦੀ ਨੀਂਦ ਵਿਚ) ਗ਼ਾਫ਼ਿਲ ਨਹੀਂ ਹੁੰਦਾ ।੭।

ਹੇ ਨਾਨਕ! ਜੋ ਪ੍ਰਭੂ ਵੱਡੇ ਜਿਗਰੇ ਵਾਲਾ ਹੈ, ਸਾਰੇ ਪਾਤਾਲ (ਸਾਰਾ ਸੰਸਾਰ ਜਿਸ ਪਾਰਜਾਤ-ਪ੍ਰਭੂ) ਦੇ ਪੱਤਰ (ਪਸਾਰਾ) ਹਨ, ਜੋ ਸਭ ਜੀਵਾਂ ਵਿਚ ਵਿਆਪਕ ਹੈ, ਗੁਰੂ ਦੇ ਉਪਦੇਸ ਦੀ ਬਰਕਤਿ ਨਾਲ ਮੈਂ ਉਸ ਦਾ ਨਾਮ-ਅੰਮ੍ਰਿਤ ਪੀਤਾ ਹੈ ਤੇ ਮਾਇਆ ਦਾ ਜ਼ਹਰ ਤਿਆਗਿਆ ਹੈ, ਹੁਣ ਮੇਰਾ ਮੁੜ ਮੁੜ ਗਰਭ-ਵਾਸ (ਜਨਮ ਮਰਨ) ਨਹੀਂ ਹੋਵੇਗਾ ।੮।੧।

ਗੂਜਰੀ ਮਹਲਾ ੧ ॥ ਕਵਨ ਕਵਨ ਜਾਚਹਿ ਪ੍ਰਭ ਦਾਤੇ ਤਾ ਕੇ ਅੰਤ ਨ ਪਰਹਿ ਸੁਮਾਰ ॥ ਜੈਸੀ ਭੂਖ ਹੋਇ ਅਭ ਅੰਤਰਿ ਤੂੰ ਸਮਰਥੁ ਸਚੁ ਦੇਵਣਹਾਰ ॥੧॥ ਐ ਜੀ ਜਪੁ ਤਪੁ ਸੰਜਮੁ

ਸਚੁ ਅਧਾਰ ॥ ਹਰਿ ਹਰਿ ਨਾਮੁ ਦੇਹਿ ਸੁਖੁ ਪਾਈਐ ਤੇਰੀ ਭਗਤਿ ਭਰੇ ਭੰਡਾਰ ॥੧॥ ਰਹਾਉ ॥ ਸੁੰਨ ਸਮਾਧਿ ਰਹਹਿ ਲਿਵ ਲਾਗੇ ਏਕਾ ਏਕੀ ਸਬਦੁ ਬੀਚਾਰ ॥ ਜਲੁ ਥਲੁ ਧਰਣਿ ਗਗਨੁ ਤਹ ਨਾਹੀ ਆਪੇ ਆਪੁ ਕੀਆ ਕਰਤਾਰ ॥੨॥ ਨਾ ਤਦਿ ਮਾਇਆ ਮਗਨੁ ਨ ਛਾਇਆ ਨਾ ਸੂਰਜ ਚੰਦ ਨ ਜੋਤਿ ਅਪਾਰ ॥ ਸਰਬ ਦ੍ਰਿਸਟਿ ਲੋਚਨ ਅਭ ਅੰਤਰਿ ਏਕਾ ਨਦਰਿ ਸੁ ਤ੍ਰਿਭਵਣ ਸਾਰ ॥੩॥ ਪਵਣੁ ਪਾਣੀ ਅਗਨਿ ਤਿਨਿ ਕੀਆ ਬ੍ਰਹਮਾ ਬਿਸਨੁ ਮਹੇਸ ਅਕਾਰ ॥ ਸਰਬੇ ਜਾਚਿਕ ਤੂੰ ਪ੍ਰਭੁ ਦਾਤਾ ਦਾਤਿ ਕਰੇ ਅਪੁਨੈ ਬੀਚਾਰ ॥੪॥ ਕੋਟਿ ਤੇਤੀਸ ਜਾਚਹਿ ਪ੍ਰਭ ਨਾਇਕ ਦੇਦੇ ਤੋਟਿ ਨਾਹੀ ਭੰਡਾਰ ॥ ਊਂਧੈ ਭਾਂਡੈ ਕਛੁ ਨ ਸਮਾਵੈ ਸੀਧੈ ਅੰਮ੍ਰਿਤੁ ਪਰੈ ਨਿਹਾਰ ॥੫॥ ਸਿਧ ਸਮਾਧੀ ਅੰਤਰਿ ਜਾਚਹਿ ਰਿਧਿ ਸਿਧਿ ਜਾਚਿ ਕਰਹਿ ਜੈਕਾਰ ॥ ਜੈਸੀ ਪਿਆਸ ਹੋਇ ਮਨ ਅੰਤਰਿ ਤੈਸੋ ਜਲੁ ਦੇਵਹਿ ਪਰਕਾਰ ॥੬॥ ਬਡੇ ਭਾਗ ਗੁਰੁ ਸੇਵਹਿ ਅਪੁਨਾ ਭੇਦੁ ਨਾਹੀ ਗੁਰਦੇਵ ਮੁਰਾਰ ॥ ਤਾ ਕਉ ਕਾਲੁ ਨਾਹੀ ਜਮੁ ਜੋਹੈ ਬੂਝਹਿ ਅੰਤਰਿ ਸਬਦੁ ਬੀਚਾਰ ॥੭॥ ਅਬ ਤਬ ਅਵਰੁ ਨ ਮਾਗਉ ਹਰਿ ਪਹਿ ਨਾਮੁ ਨਿਰੰਜਨ ਦੀਜੈ ਪਿਆਰਿ ॥ ਨਾਨਕ ਚਾਤ੍ਰਿਕੁ ਅੰਮ੍ਰਿਤ ਜਲੁ ਮਾਗੈ ਹਰਿ ਜਸੁ ਦੀਜੈ ਕਿਰਪਾ ਧਾਰਿ ॥੮॥੨॥

{ਪੰਨਾ 503-504}

ਪਦਅਰਥ:- ਕਵਨ ਕਵਨ—ਕੇਹੜੇ ਕੇਹੜੇ? ਜਾਚਹਿ—ਮੰਗਦੇ ਹਨ । ਪ੍ਰਭ ਦਾਤੇ—ਹੇ ਦਾਤਾਰ ਪ੍ਰਭੂ! ਤਾ ਕੇ— ਉਹਨਾਂ ਜੀਵਾਂ ਦੇ । ਸੁਮਾਰ—ਗਿਣਤੀ, ਲੇਖੇ । ਅਭ ਅੰਤਰਿ—{AËXÑqir} ਧੁਰ ਅੰਦਰ, ਮਨ ਵਿਚ । ਸਚੁ—ਸਦਾ-ਥਿਰ ਰਹਿਣ ਵਾਲਾ ।੧।

ਐ ਜੀ—ਹੇ ਪ੍ਰਭੂ ਜੀ! ਸਚੁ ਅਧਾਰੁ—ਸਦਾ-ਥਿਰ ਰਹਿਣ ਵਾਲਾ ਆਸਰਾ । ਭੰਡਾਰ—ਖ਼ਜ਼ਾਨੇ ।੧।ਰਹਾਉ।

ਸੁੰਨ—{ÓwÑX} ਸੁੰਞ, ਉਹ ਅਵਸਥਾ ਜਿਥੇ ਕੋਈ ਫੁਰਨਾ ਨਾਹ ਉਠੇ । ਰਹਹਿ—ਤੂੰ ਰਹਿੰਦਾ ਹੈਂ । ਏਕਾ ਏਕੀ—ਤੂੰ ਇਕੱਲਾ ਹੀ । ਸਬਦੁ—ਬਚਨ, ਹੁਕਮ, ਇਰਾਦਾ । ਧਰਣਿ—ਧਰਤੀ । ਗਗਨੁ—ਆਕਾਸ਼ । ਤਹ—ਤਦੋਂ । ਆਪੁ—ਆਪਣੇ ਆਪ ਨੂੰ । ਕਰਤਾਰ—ਹੇ ਕਰਤਾਰ! ।੨।

ਤਦਿ—ਤਦੋਂ । ਮਗਨੁ—ਮਸਤ (ਜੀਵ) । ਛਾਇਆ—ਮਾਇਆ ਦੇ ਪ੍ਰਭਾਵ (ਵਿਚ) । ਅਪਾਰ—ਅਪਰ, ਅਵਰ, ਕੋਈ ਹੋਰ । ਸਰਬ ਦ੍ਰਿਸਟਿ ਲੋਚਨ—ਸਾਰੇ ਜੀਵਾਂ ਨੂੰ ਵੇਖ ਸਕਣ ਵਾਲੀ ਅੱਖ । ਅਭ ਅੰਤਰਿ—{AËXÑqr} (ਤੇਰੇ ਆਪਣੇ ਹੀ) ਧੁਰ ਅੰਦਰ । ਸਾਰ—ਸੰਭਾਲ ।੩।

ਤਿਨਿ—ਉਸ (ਪਰਮਾਤਮਾ) ਨੇ । ਕੀਆ—(ਜਦੋਂ) ਪੈਦਾ ਕੀਤਾ । ਮਹੇਸ—ਸ਼ਿਵ । ਅਕਾਰ—ਸਰੂਪ, ਵਜੂਦ, ਹਸਤੀ । ਜਾਚਿਕ—ਮੰਗਤੇ । ਕਰੇ—ਕਰਦਾ ਹੈ । ਅਪੁਨੈ ਬੀਚਾਰ—ਆਪਣੇ ਵਿਚਾਰ ਅਨੁਸਾਰ ।੪।

ਕੋਟਿ ਤੇਤੀਸ—ਤੇਤੀ ਕ੍ਰੋੜ (ਦੇਵਤੇ) । ਨਾਇਕ—(ਸਭ ਦੀ) ਅਗਵਾਈ ਕਰਨ ਵਾਲਾ । ਤੋਟਿ—ਕਮੀ । ਊਂਧੈ ਭਾਂਡੈ—ਪੁੱਠੇ ਪਏ ਭਾਂਡੇ ਵਿਚ । ਸੀਧੈ—ਸਿੱਧੇ ਭਾਂਡੇ ਵਿਚ । ਨਿਹਾਰ—(ਉਸ ਪ੍ਰਭੂ ਦੇ) ਤੱਕਣ ਨਾਲ, ਮੇਹਰ ਦੀ ਨਿਗਾਹ ਨਾਲ ।੫।

ਸਿਧ—ਪੁੱਗੇ ਹੋਏ ਜੋਗੀ । ਰਿਧਿ ਸਿਧਿ—ਕਰਾਮਾਤੀ ਤਾਕਤਾਂ । ਜਾਚਿ—ਮੰਗ ਕੇ । ਤੈਸੋ ਪਰਕਾਰ—ਉਸੇ ਕਿਸਮ ਦਾ । ਦੇਵਹਿ—ਤੂੰ ਦੇਂਦਾ ਹੈਂ ।੬।

ਸੇਵਹਿ—ਜੋ ਸੇਂਵਦੇ ਹਨ । ਭੇਦੁ—ਫ਼ਰਕ । ਮੁਰਾਰ—ਪਰਮਾਤਮਾ । ਤਾ ਕਉ—ਉਹਨਾਂ (ਬੰਦਿਆਂ) ਨੂੰ । ਨਾਹੀ ਜੋਹੈ—ਨਹੀਂ ਤੱਕਦਾ । ਕਾਲੁ ਜਮੁ—ਮੌਤ, ਮੌਤ ਦਾ ਸਹਮ, ਆਤਮਕ ਮੌਤ । ਅੰਤਰਿ ਬੀਚਾਰ—ਸੋਚ-ਮੰਡਲ ਵਿਚ । ਬੂਝਹਿ—(ਜੇਹੜੇ ਬੰਦੇ) ਸਮਝਦੇ ਹਨ ।੭।

ਅਬ ਤਬ—ਕਦੇ ਭੀ । ਨ ਮਾਗਉ—ਮੈਂ ਨਹੀਂ ਮੰਗਦਾ । ਪਹਿ—ਪਾਸੋਂ । ਪਿਆਰਿ—ਪਿਆਰ ਨਾਲ, ਪਿਆਰ ਦੀ ਨਿਗਾਹ ਨਾਲ । ਚਾਤ੍ਰਿਕ—ਪਪੀਹਾ । ਜਸੁ—ਸਿਫ਼ਤਿ-ਸਾਲਾਹ ।੮।

ਅਰਥ:- ਹੇ ਪ੍ਰਭੂ ਜੀ! (ਸਾਨੂੰ ਜੀਵਾਂ ਨੂੰ) ਆਪਣਾ ਨਾਮ ਦੇਹ (ਤੇਰੇ ਨਾਮ ਦੀ ਬਰਕਤਿ ਨਾਲ ਹੀ) ਆਤਮਕ ਆਨੰਦ ਮਿਲਦਾ ਹੈ (ਇਸ ਪਦਾਰਥ ਦੀ ਤੇਰੇ ਘਰ ਵਿਚ ਕੋਈ ਕਮੀ ਨਹੀਂ ਹੈ) ਤੇਰੀ ਭਗਤੀ ਦੇ (ਤੇਰੇ ਪਾਸ) ਖ਼ਜ਼ਾਨੇ ਭਰੇ ਪਏ ਹਨ । ਤੇਰਾ ਨਾਮ ਹੀ (ਸਾਡੇ ਵਾਸਤੇ) ਜਪ ਹੈ ਤਪ ਹੈ ਸੰਜਮ ਹੈ, ਤੇਰਾ ਨਾਮ ਹੀ (ਸਾਡੇ ਵਾਸਤੇ) ਸਦਾ-ਥਿਰ ਰਹਿਣ ਵਾਲਾ ਆਸਰਾ ਹੈ ।੧।ਰਹਾਉ।

ਹੇ ਦਾਤਾਰ ਪ੍ਰਭੂ! ਬੇਅੰਤ ਜੀਵ (ਤੇਰੇ ਦਰ ਤੋਂ ਦਾਤਾਂ) ਮੰਗਦੇ ਹਨ ਉਹਨਾਂ ਦੀ ਗਿਣਤੀ ਦੇ ਅੰਤ ਨਹੀਂ ਪੈ ਸਕਦੇ । ਜਿਹੋ ਜਿਹੀ (ਕਿਸੇ ਦੇ) ਧੁਰ ਅੰਦਰ (ਮੰਗਣ ਦੀ) ਭੁੱਖ ਹੁੰਦੀ ਹੈ, ਹੇ ਦੇਣਹਾਰ ਪ੍ਰਭੂ! ਤੂੰ (ਪੂਰੀ ਕਰਦਾ ਹੈਂ), ਤੂੰ ਸਦਾ-ਥਿਰ ਹੈਂ ਤੇ ਦਾਤਾਂ ਦੇਣ ਜੋਗਾ ਹੈਂ ।੧।

ਹੇ ਕਰਤਾਰ! ਜਦੋਂ ਤੂੰ ਆਪਣੇ ਆਪ ਨੂੰ ਆਪ ਹੀ ਪਰਗਟ ਕੀਤਾ ਸੀ, ਤਦੋਂ ਨਾਹ ਪਾਣੀ ਸੀ, ਨਾਹ ਸੁੱਕ ਸੀ ਨਾਹ ਧਰਤੀ ਸੀ, ਨਾਹ ਆਕਾਸ਼ ਸੀ, ਤਦੋਂ ਤੂੰ ਆਪ ਹੀ ਅਫੁਰ ਅਵਸਥਾ ਵਿਚ (ਆਪਣੇ ਅੰਦਰ) ਸੁਰਤਿ ਜੋੜ ਕੇ ਸਮਾਧੀ ਲਾਈ ਬੈਠਾ ਸੀ, ਤੂੰ ਇਕੱਲਾ ਆਪ ਹੀ ਆਪਣੇ ਇਰਾਦੇ ਨੂੰ ਸਮਝਦਾ ਸੀ ।੨।

ਤਦੋਂ ਨਾਹ ਇਹ ਮਾਇਆ ਸੀ, ਨਾਹ ਇਸ ਮਾਇਆ ਦੇ ਪ੍ਰਭਾਵ ਵਿਚ ਮਸਤ ਕੋਈ ਜੀਵ ਸੀ, ਨਾਹ ਤਦੋਂ ਸੂਰਜ ਸੀ, ਨਾਹ ਚੰਦ੍ਰਮਾ ਸੀ, ਨਾਹ ਹੀ ਕੋਈ ਹੋਰ ਜੋਤਿ ਸੀ । ਹੇ ਪ੍ਰਭੂ! ਸਾਰੇ ਜੀਵਾਂ ਨੂੰ ਵੇਖ ਸਕਣ ਵਾਲੀ ਤੇਰੀ ਅੱਖ, ਤਿੰਨਾਂ ਭਵਨਾਂ ਦੀ ਸਾਰ ਲੈ ਸਕਣ ਵਾਲੀ ਤੇਰੀ ਆਪਣੀ ਹੀ ਨਜ਼ਰ ਤੇਰੇ ਆਪਣੇ ਹੀ ਅੰਦਰ ਟਿਕੀ ਹੋਈ ਸੀ ।੩।

ਜਦੋਂ ਉਸ ਪਰਮਾਤਮਾ ਨੇ ਹਵਾ ਪਾਣੀ ਅੱਗ (ਆਦਿਕ ਤੱਤ) ਰਚੇ, ਤਾਂ ਬ੍ਰਹਮਾ ਵਿਸ਼ਨੂੰ ਸ਼ਿਵ ਆਦਿਕ ਦੇ ਵਜੂਦ ਰਚੇ । ਹੇ ਪ੍ਰਭੂ! (ਇਹ ਬ੍ਰਹਮਾ ਵਿਸ਼ਨੂੰ ਸ਼ਿਵ ਆਦਿਕ) ਸਾਰੇ ਹੀ (ਤੇਰੇ ਪੈਦਾ ਕੀਤੇ ਜੀਵ ਤੇਰੇ ਦਰ ਦੇ) ਮੰਗਤੇ ਹਨ ਤੂੰ ਸਭ ਨੂੰ ਦਾਤਾਂ ਦੇਣ ਵਾਲਾ ਹੈਂ । (ਸਮਰੱਥ ਪ੍ਰਭੂ) ਆਪਣੀ ਵਿਚਾਰ ਅਨੁਸਾਰ (ਸਭ ਨੂੰ) ਦਾਤਾਂ ਦੇਂਦਾ ਹੈਂ ।੪।

ਹੇ ਸਭ ਦੀ ਅਗਵਾਈ ਕਰਨ ਵਾਲੇ ਪ੍ਰਭੂ! ਤੇਤੀ ਕ੍ਰੋੜ ਦੇਵਤੇ (ਭੀ ਤੇਰੇ ਦਰ ਤੋਂ) ਮੰਗਦੇ ਹਨ । (ਉਹਨਾਂ ਨੂੰ ਦਾਤਾਂ) ਦੇ ਦੇ ਕੇ ਤੇਰੇ ਖ਼ਜ਼ਾਨਿਆਂ ਵਿਚ ਘਾਟਾ ਨਹੀਂ ਪੈਂਦਾ । (ਮਾਇਕ ਪਦਾਰਥ ਤਾਂ ਸਭ ਨੂੰ ਮਿਲਦੇ ਹਨ, ਪਰ) ਸਰਧਾ-ਹੀਨ ਹਿਰਦੇ ਵਿਚ (ਤੇਰੇ ਨਾਮ-ਅੰਮ੍ਰਿਤ ਦੀ ਦਾਤਿ ਵਿਚੋਂ) ਕੁਝ ਭੀ ਨਹੀਂ ਟਿਕਦਾ, ਤੇ ਸਰਧਾ-ਭਰਪੂਰ ਹਿਰਦੇ ਵਿਚ ਤੇਰੀ ਮੇਹਰ ਦੀ ਨਿਗਾਹ ਨਾਲ ਆਤਮਕ ਜੀਵਨ ਦੇਣ ਵਾਲਾ ਤੇਰਾ ਨਾਮ ਟਿਕਦਾ ਹੈ ।੫।

ਜੋਗ-ਸਾਧਨਾਂ ਵਿਚ ਪੁੱਗੇ ਹੋਏ ਜੋਗੀ ਭੀ ਸਮਾਧੀ ਵਿਚ ਟਿਕ ਕੇ ਤੈਥੋਂ ਹੀ ਮੰਗਦੇ ਹਨ, ਕਰਾਮਾਤੀ

ਤਾਕਤਾਂ ਮੰਗ ਮੰਗ ਕੇ ਤੇਰੀ ਜੈ-ਜੈ ਕਾਰ ਕਰਦੇ ਹਨ । (ਇਹੀ ਆਖਦੇ ਹਨ—ਤੇਰੀ ਜੈ ਹੋਵੇ, ਤੇਰੀ ਜੈ ਹੋਵੇ) ਜਿਹੋ ਜਿਹੀ ਕਿਸੇ ਦੇ ਮਨ ਵਿਚ (ਮੰਗਣ ਦੀ) ਪਿਆਸ ਹੁੰਦੀ ਹੈ, ਤੂੰ, ਹੇ ਪ੍ਰਭੂ! ਉਸੇ ਕਿਸਮ ਦਾ ਜਲ ਦੇ ਦੇਂਦਾ ਹੈਂ ।੬।

ਪਰ ਅਸਲੀ ਵੱਡੇ ਭਾਗ ਉਹਨਾਂ ਬੰਦਿਆਂ ਦੇ ਹਨ ਜੋ ਆਪਣੇ ਗੁਰੂ ਦੀ ਦੱਸੀ ਸੇਵਾ ਕਰਦੇ ਹਨ । ਗੁਰੂ ਤੇ ਪਰਮਾਤਮਾ ਵਿਚ ਕੋਈ ਫ਼ਰਕ ਨਹੀਂ ਹੁੰਦਾ । ਜੇਹੜੇ ਬੰਦੇ ਆਪਣੇ ਸੋਚ-ਮੰਡਲ ਵਿਚ (ਮਾਇਕ ਪਦਾਰਥਾਂ ਦੀ ਮੰਗ ਦੇ ਥਾਂ) ਗੁਰੂ ਦੇ ਸ਼ਬਦ ਨੂੰ ਸਮਝਦੇ ਹਨ, ਆਤਮਕ ਮੌਤ ਉਹਨਾਂ ਦੇ ਨੇੜੇ ਨਹੀਂ ਢੁਕ ਸਕਦੀ ।੭।

(ਇਸ ਵਾਸਤੇ) ਮੈਂ ਕਦੇ ਭੀ ਪਰਮਾਤਮਾ ਪਾਸੋਂ ਹੋਰ ਕੁਝ ਨਹੀਂ ਮੰਗਦਾ । (ਮੈਂ ਇਹ ਅਰਦਾਸ ਕਰਦਾ ਹਾਂ—) ਹੇ ਨਿਰੰਜਨ ਪ੍ਰਭੂ! ਪਿਆਰ ਦੀ ਨਿਗਾਹ ਨਾਲ ਮੈਨੂੰ ਆਪਣਾ ਨਾਮ ਬਖ਼ਸ਼ । ਨਾਨਕ ਪਪੀਹਾ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਮੰਗਦਾ ਹੈ । ਹੇ ਹਰੀ! ਕਿਰਪਾ ਕਰ ਕੇ ਆਪਣੀ ਸਿਫ਼ਤਿ-ਸਾਲਾਹ ਦੇਹ ।੮।੨।

ਗੂਜਰੀ ਮਹਲਾ ੧ ॥ ਐ ਜੀ ਜਨਮਿ ਮਰੈ ਆਵੈ ਫੁਨਿ ਜਾਵੈ ਬਿਨੁ ਗੁਰ ਗਤਿ ਨਹੀ ਕਾਈ ॥ ਗੁਰਮੁਖਿ ਪ੍ਰਾਣੀ ਨਾਮੇ ਰਾਤੇ ਨਾਮੇ ਗਤਿ ਪਤਿ ਪਾਈ ॥੧॥ ਭਾਈ ਰੇ ਰਾਮ ਨਾਮਿ ਚਿਤੁ ਲਾਈ ॥ ਗੁਰ ਪਰਸਾਦੀ ਹਰਿ ਪ੍ਰਭ ਜਾਚੇ ਐਸੀ ਨਾਮ ਬਡਾਈ ॥੧॥ ਰਹਾਉ ॥ ਐ ਜੀ ਬਹੁਤੇ ਭੇਖ ਕਰਹਿ ਭਿਖਿਆ ਕਉ ਕੇਤੇ ਉਦਰੁ ਭਰਨ ਕੈ ਤਾਈ ॥ ਬਿਨੁ ਹਰਿ ਭਗਤਿ ਨਾਹੀ ਸੁਖੁ ਪ੍ਰਾਨੀ ਬਿਨੁ ਗੁਰ ਗਰਬੁ ਨ ਜਾਈ ॥੨॥ ਐ ਜੀ ਕਾਲੁ ਸਦਾ ਸਿਰ ਊਪਰਿ ਠਾਢੇ ਜਨਮਿ ਜਨਮਿ ਵੈਰਾਈ ॥ ਸਾਚੈ ਸਬਦਿ ਰਤੇ ਸੇ ਬਾਚੇ ਸਤਿਗੁਰ ਬੂਝ ਬੁਝਾਈ ॥੩॥ ਗੁਰ ਸਰਣਾਈ ਜੋਹਿ ਨ ਸਾਕੈ ਦੂਤੁ ਨ ਸਕੈ ਸੰਤਾਈ ॥ ਅਵਿਗਤ ਨਾਥ ਨਿਰੰਜਨਿ ਰਾਤੇ ਨਿਰਭਉ ਸਿਉ ਲਿਵ ਲਾਈ ॥੪॥ ਐ ਜੀਉ ਨਾਮੁ ਦਿੜਹੁ ਨਾਮੇ ਲਿਵ ਲਾਵਹੁ ਸਤਿਗੁਰ ਟੇਕ ਟਿਕਾਈ ॥ ਜੋ ਤਿਸੁ ਭਾਵੈ ਸੋਈ ਕਰਸੀ ਕਿਰਤੁ ਨ ਮੇਟਿਆ ਜਾਈ ॥੫॥ ਐ ਜੀ ਭਾਗਿ ਪਰੇ ਗੁਰ ਸਰਣਿ ਤੁਮ੍ਾਰੀ ਮੈ ਅਵਰ ਨ ਦੂਜੀ ਭਾਈ ॥ ਅਬ ਤਬ ਏਕੋ ਏਕੁ ਪੁਕਾਰਉ ਆਦਿ ਜੁਗਾਦਿ ਸਖਾਈ ॥੬॥ ਐ ਜੀ ਰਾਖਹੁ ਪੈਜ ਨਾਮ ਅਪੁਨੇ ਕੀ ਤੁਝ ਹੀ ਸਿਉ ਬਨਿ ਆਈ ॥ ਕਰਿ ਕਿਰਪਾ ਗੁਰ ਦਰਸੁ ਦਿਖਾਵਹੁ ਹਉਮੈ ਸਬਦਿ ਜਲਾਈ ॥੭॥ ਐ ਜੀ ਕਿਆ ਮਾਗਉ ਕਿਛੁ ਰਹੈ ਨ ਦੀਸੈ ਇਸੁ ਜਗ ਮਹਿ ਆਇਆ ਜਾਈ ॥ ਨਾਨਕ ਨਾਮੁ ਪਦਾਰਥੁ ਦੀਜੈ ਹਿਰਦੈ ਕੰਠਿ ਬਣਾਈ ॥੮॥੩॥ {ਪੰਨਾ 504}

ਪਦਅਰਥ:- ਐ ਜੀ—ਹੇ ਭਾਈ! ਜਨਮਿ—ਜਨਮ ਕੇ । ਜਨਮਿ ਮਰੈ—(ਮੁੜ ਮੁੜ) ਜੰਮਦਾ ਮਰਦਾ ਹੈ । ਫੁਨਿ—{pin:} ਮੁੜ ਮੁੜ । ਗਤਿ—ਉੱਚੀ ਆਤਮਕ ਅਵਸਥਾ । ਕਾਈ—{kwAip} ਕੋਈ ਭੀ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਨਾਮੇ—ਨਾਮਿ ਹੀ, ਨਾਮ ਵਿਚ ਹੀ । ਪਤਿ—ਇੱਜ਼ਤ ।੧।

ਨਾਮਿ—ਨਾਮਿ ਵਿਚ । ਲਾਈ—ਲਾਇ, ਜੋੜ । ਜਾਚੇ—ਜਾਚਿ, ਮੰਗੀ । ਬਡਾਈ—ਵਡਿਆਈ ।੧।ਰਹਾਉ।

ਕਰਹਿ—ਤੂੰ ਕਰਦਾ ਹੈਂ । ਭਿਖਿਆ ਕਉ—ਭਿੱਛਿਆ ਵਾਸਤੇ । ਕੇਤੇ—ਅਨੇਕਾਂ । ਉਦਰੁ—ਪੇਟ । ਕੈ ਤਾਈ—ਦੀ ਖ਼ਾਤਰ । ਪ੍ਰਾਨੀ—ਹੇ ਪ੍ਰਾਣੀ! ਗਰਬੁ—ਅਹੰਕਾਰ । ਨ ਜਾਈ—ਨਹੀਂ ਜਾਂਦਾ ।੨।

ਕਾਲੁ—ਮੌਤ, ਮੌਤ ਦਾ ਸਹਮ, ਆਤਮਕ ਮੌਤ । ਠਾਢੇ—ਖਲੋਤਾ ਹੋਇਆ । ਜਨਮਿ ਜਨਮਿ—ਹਰੇਕ ਜਨਮ ਵਿਚ । ਵੈਰਾਈ—ਵੈਰੀ । ਸਾਚੈ—ਸਦਾ-ਥਿਰ ਰਹਿਣ ਵਾਲੇ ਵਿਚ । ਸੇ—ਉਹ ਬੰਦੇ । ਬਾਚੇ—ਬਚੇ ਹਨ । ਬੂਝ—ਸਮਝ ।੩।

ਜੋਹਿ ਨ ਸਾਕੈ—ਤੱਕ ਨਹੀਂ ਸਕਦਾ । ਦੂਤ—ਵੈਰੀ । ਅਵਿਗਤ—{A0X#q} ਅਦ੍ਰਿਸ਼ਟ । ਨਿਰੰਜਨਿ-ਨਿਰੰਜਨ (ਦੇ ਪਿਆਰ-ਰੰਗ) ਵਿਚ । ਰਾਤੇ—ਰੰਗੇ ਹੋਏ । ਸਿਉ—ਨਾਲ ।੪।

ਐ ਜੀਉ—(ਮੇਰੀ) ਜਿੰਦੇ! ਟੇਕ ਟਿਕਾਈ—ਟੇਕ ਟਿਕਾਇ, ਆਸਰਾ ਲੈ ਕੇ । ਅਬ ਤਬ—ਹੁਣ ਭੀ ਤੇ ਤਦੋਂ ਭੀ, ਸਦਾ । ਪੁਕਾਰਉ—ਮੈਂ ਪੁਕਾਰਦਾ ਹਾਂ ।੬।

ਐ ਜੀ—ਹੇ ਪ੍ਰਭੂ ਜੀ! ਪੈਜ—ਲਾਜ । ਗੁਰ ਦਰਸੁ—ਗੁਰੂ ਦਾ ਦਰਸਨ । ਜਲਾਈ—ਜਲਾਏ, ਸਾੜਦਾ ਹੈ ।੭।

ਮਾਗਉ—ਮੈਂ ਮੰਗਾਂ । ਰਹੈ ਨ ਦੀਸੈ—ਸਦਾ ਰਹਿਣ ਵਾਲਾ ਨਹੀਂ ਦਿੱਸਦਾ । ਕੰਠਿ—ਕੰਠੀ, ਮਾਲਾ । ਬਣਾਈ—ਮੈਂ ਬਣਾ ਲਵਾਂ ।੮।

ਅਰਥ:- ਹੇ ਭਾਈ! (ਜੇਹੜਾ ਮਨੁੱਖ ਗੁਰੂ ਦੀ ਸਰਨ ਨਹੀਂ ਪੈਂਦਾ, ਉਹ) ਜੰਮਦਾ ਹੈ ਮਰਦਾ ਹੈ ਫਿਰ ਜੰਮਦਾ ਹੈ ਮਰਦਾ ਹੈ । ਉਸ ਦਾ ਇਹ ਗੇੜ ਬਣਿਆ ਰਹਿੰਦਾ ਹੈ, (ਕਿਉਂਕਿ) ਗੁਰੂ (ਦੀ ਸਰਨ) ਤੋਂ ਬਿਨਾ ਉੱਚੀ ਆਤਮਕ ਅਵਸਥਾ ਨਹੀਂ ਬਣਦੀ । ਜੇਹੜੇ ਪ੍ਰਾਣੀ ਗੁਰੂ ਦੀ ਸਰਨ ਪੈਂਦੇ ਹਨ ਉਹ (ਪਰਮਾਤਮਾ ਦੇ) ਨਾਮ ਵਿਚ ਹੀ ਰੰਗੇ ਰਹਿੰਦੇ ਹਨ, ਤੇ ਨਾਮ ਵਿਚ ਰੰਗੇ ਰਹਿਣ ਕਰਕੇ ਉਹ ਉੱਚੀ ਆਤਮਕ ਅਵਸਥਾ ਤੇ ਇੱਜ਼ਤ ਪ੍ਰਾਪਤ ਕਰ ਲੈਂਦੇ ਹਨ ।੧।

ਪਰਮਾਤਮਾ ਦਾ ਨਾਮ ਜਪਣ ਦੀ ਇਹੋ ਜਿਹੀ ਬਰਕਤਿ ਹੁੰਦੀ ਹੈ (ਕਿ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ) । ਹੇ ਭਾਈ! ਤੂੰ ਭੀ ਪਰਮਾਤਮਾ ਦੇ ਨਾਮ ਵਿਚ ਚਿੱਤ ਜੋੜ, (ਗੁਰੂ ਦੀ ਸਰਨ ਪੈ ਕੇ) ਗੁਰੂ ਦੀ ਮੇਹਰ ਨਾਲ (ਭਾਵ, ਗੁਰੂ ਦੀ ਮੇਹਰ ਦਾ ਪਾਤਰ ਬਣ ਕੇ) ਤੂੰ ਹਰੀ ਪ੍ਰਭੂ ਪਾਸੋਂ (ਨਾਮ ਦੀ ਦਾਤਿ ਹੀ) ਮੰਗ ।੧।ਰਹਾਉ।

ਹੇ ਭਾਈ! ਤੂੰ ਪ੍ਰਭੂ ਦਾ ਨਾਮ ਵਿਸਰ ਕੇ) ਪੇਟ ਭਰਨ ਦੀ ਖ਼ਾਤਰ (ਦਰ ਦਰ ਤੋਂ) ਭਿੱਛਿਆ ਲੈਣ ਵਾਸਤੇ ਕਈ ਤਰ੍ਹਾਂ ਦੇ (ਧਾਰਮਿਕ) ਭੇਖ ਬਣਾ ਰਿਹਾ ਹੈਂ । ਪਰ, ਹੇ ਪ੍ਰਾਣੀ! ਪਰਮਾਤਮਾ ਦੀ ਭਗਤੀ ਤੋਂ ਬਿਨਾ ਆਤਮਕ ਆਨੰਦ ਨਹੀਂ ਮਿਲਦਾ, ਗੁਰੂ ਦੀ ਸਰਨ ਤੋਂ ਬਿਨਾ ਅਹੰਕਾਰ ਦੂਰ ਨਹੀਂ ਹੁੰਦਾ ।੨।

ਹੇ ਭਾਈ! (ਸਿਮਰਨ ਤੋਂ ਬਿਨਾ) ਆਤਮਕ ਮੌਤ ਸਦਾ ਤੇਰੇ ਸਿਰ ਉੱਤੇ ਖਲੋਤੀ ਹੋਈ ਹੈ । ਇਹੀ ਹਰੇਕ ਜਨਮ ਵਿਚ ਤੇਰੀ ਵੈਰਨ ਤੁਰੀ ਆ ਰਹੀ ਹੈ । ਜੇਹੜੇ ਮਨੁੱਖ ਗੁਰੂ ਦੇ ਸੱਚੇ ਸ਼ਬਦ ਵਿਚ ਰੰਗੇ ਰਹਿੰਦੇ ਹਨ ਉਹ (ਇਸ ਆਤਮਕ ਮੌਤ ਤੋਂ) ਬਚ ਜਾਂਦੇ ਹਨ, (ਕਿਉਂਕਿ) ਗੁਰੂ (ਉਹਨਾਂ ਨੂੰ) (ਆਤਮਕ ਜੀਵਨ ਦੀ) ਸਮਝ ਦੇ ਦੇਂਦਾ ਹੈ ।੩।

ਗੁਰੂ ਦੀ ਸਰਨ ਪਏ ਬੰਦਿਆਂ ਨੂੰ ਆਤਮਕ ਮੌਤ ਤੱਕ ਭੀ ਨਹੀਂ ਸਕਦੀ, ਉਹਨਾਂ ਨੂੰ ਸਤਾ ਨਹੀਂ ਸਕਦੀ (ਕਿਉਂਕਿ ਗੁਰੂ ਦੀ ਕਿਰਪਾ ਨਾਲ) ਉਹ ਅਦ੍ਰਿਸ਼ਟ ਜਗਤ ਨਾਥ ਨਿਰੰਜਨ ਪ੍ਰਭੂ ਵਿਚ ਰੱਤੇ ਰਹਿੰਦੇ ਹਨ, ਉਹ ਨਿਰਭਉ ਪਰਮਾਤਮਾ (ਦੇ ਚਰਨਾਂ) ਨਾਲ ਆਪਣੀ ਸੁਰਤਿ ਜੋੜੀ ਰੱਖਦੇ ਹਨ ।੪।

ਹੇ (ਮੇਰੀ) ਜਿੰਦੇ! (ਇਹ ਚੇਤੇ ਰੱਖ) ਪਰਮਾਤਮਾ ਨੂੰ ਇਹੀ ਚੰਗਾ ਲੱਗਦਾ ਹੈ ਕਿ (ਜੀਵਾਂ ਦੇ) ਕੀਤੇ ਕਰਮਾਂ ਦੇ ਸੰਸਕਾਰਾਂ ਦਾ ਇਕੱਠ (ਮਨ ਵਿਚੋਂ ਸਿਮਰਨ ਤੋਂ ਬਿਨਾ) ਮਿਟਾਇਆ ਨਹੀਂ ਜਾ ਸਕਦਾ; (ਇਸ ਵਾਸਤੇ) ਗੁਰੂ ਦਾ ਆਸਰਾ ਲੈ ਕੇ ਤੂੰ ਪਰਮਾਤਮਾ ਦੇ ਨਾਮ ਨੂੰ ਆਪਣੇ ਅੰਦਰ ਪੱਕੀ ਤਰ੍ਹਾਂ ਟਿਕਾ, ਪਰਮਾਤਮਾ ਦੇ ਨਾਮ ਵਿਚ ਹੀ ਆਪਣੀ ਸੁਰਤਿ ਜੋੜੀ ਰੱਖ ।੫।

ਹੇ ਸਤਿਗੁਰੂ! ਮੈਂ ਭੱਜ ਕੇ ਤੇਰੀ ਸਰਨ ਆਇਆ ਹਾਂ, ਮੈਨੂੰ ਕੋਈ ਹੋਰ ਆਸਰਾ ਚੰਗਾ ਨਹੀਂ ਲੱਗਦਾ । ਮੈਂ ਸਦਾ ਇਕੋ ਇਕ ਪਰਮਾਤਮਾ ਦਾ ਨਾਮ ਹੀ ਕੂਕਦਾ ਹਾਂ । ਉਹੀ ਮੁੱਢ ਤੋਂ ਜੁਗਾਂ ਦੇ ਮੁੱਢ ਤੋਂ (ਜੀਵਾਂ ਦਾ) ਸਾਥੀ-ਮਿੱਤਰ ਚਲਿਆ ਆ ਰਿਹਾ ਹੈ ।੬।

ਹੇ ਪ੍ਰਭੂ ਜੀ! (ਤੈਨੂੰ ਲੋਕ ਸਰਨ-ਪਾਲ ਆਖਦੇ ਹਨ, ਮੈਂ ਤੇਰੀ ਸਰਨ ਆਇਆ ਹਾਂ) ਆਪਣੇ (ਸਰਨ-ਪਾਲ) ਨਾਮ ਦੀ ਲਾਜ ਪਾਲ, ਮੇਰੀ ਪ੍ਰੀਤ ਸਦਾ ਤੇਰੇ ਨਾਲ ਬਣੀ ਰਹੇ । ਮੇਹਰ ਕਰ ਮੈਨੂੰ ਗੁਰੂ ਦਾ ਦਰਸਨ ਕਰਾ ਤਾਂ ਕਿ ਗੁਰੂ ਆਪਣੇ ਸ਼ਬਦ ਦੀ ਰਾਹੀਂ (ਮੇਰੇ ਅੰਦਰੋਂ) ਹਉਮੈ ਸਾੜ ਦੇਵੇ ।੭।

ਹੇ ਪ੍ਰਭੂ ਜੀ! (ਤੇਰੇ ਨਾਮ ਤੋਂ ਬਿਨਾ) ਮੈਂ (ਤੇਰੇ ਪਾਸੋਂ) ਹੋਰ ਕੀਹ ਮੰਗਾਂ? ਮੈਨੂੰ ਕੋਈ ਚੀਜ਼ ਐਸੀ ਨਹੀਂ ਦਿੱਸਦੀ ਜੋ ਸਦਾ ਟਿਕੀ ਰਹਿ ਸਕੇ । ਇਸ ਜਗਤ ਵਿਚ ਜੇਹੜਾ ਭੀ ਆਇਆ ਹੈ, ਉਹ ਨਾਸਵੰਤ ਹੀ ਹੈ । ਮੈਨੂੰ ਨਾਨਕ ਨੂੰ ਆਪਣਾ ਨਾਮ-ਪਦਾਰਥ ਹੀ ਦੇਹ, ਮੈਂ (ਇਸ ਨਾਮ ਨੂੰ) ਆਪਣੇ ਹਿਰਦੇ ਦੀ ਮਾਲਾ ਬਣਾ ਲਵਾਂ ।੮।੩।

ਗੂਜਰੀ ਮਹਲਾ ੧ ॥ ਐ ਜੀ ਨਾ ਹਮ ਉਤਮ ਨੀਚ ਨ ਮਧਿਮ ਹਰਿ ਸਰਣਾਗਤਿ ਹਰਿ ਕੇ ਲੋਗ ॥ ਨਾਮ ਰਤੇ ਕੇਵਲ ਬੈਰਾਗੀ ਸੋਗ ਬਿਜੋਗ ਬਿਸਰਜਿਤ ਰੋਗ ॥੧॥ ਭਾਈ ਰੇ ਗੁਰ ਕਿਰਪਾ ਤੇ ਭਗਤਿ ਠਾਕੁਰ ਕੀ ॥ ਸਤਿਗੁਰ ਵਾਕਿ ਹਿਰਦੈ ਹਰਿ ਨਿਰਮਲੁ ਨਾ ਜਮ ਕਾਣਿ ਨ ਜਮ ਕੀ ਬਾਕੀ ॥੧॥ ਰਹਾਉ ॥ ਹਰਿ ਗੁਣ ਰਸਨ ਰਵਹਿ ਪ੍ਰਭ ਸੰਗੇ ਜੋ ਤਿਸੁ ਭਾਵੈ ਸਹਜਿ ਹਰੀ ॥ ਬਿਨੁ ਹਰਿ ਨਾਮ ਬ੍ਰਿਥਾ ਜਗਿ ਜੀਵਨੁ ਹਰਿ ਬਿਨੁ ਨਿਹਫਲ ਮੇਕ ਘਰੀ ॥੨॥ ਐ ਜੀ ਖੋਟੇ ਠਉਰ ਨਾਹੀ ਘਰਿ ਬਾਹਰਿ ਨਿੰਦਕ ਗਤਿ ਨਹੀ ਕਾਈ ॥ ਰੋਸੁ ਕਰੈ ਪ੍ਰਭੁ ਬਖਸ ਨ ਮੇਟੈ ਨਿਤ ਨਿਤ ਚੜੈ ਸਵਾਈ ॥੩॥ ਐ ਜੀ ਗੁਰ ਕੀ ਦਾਤਿ ਨ ਮੇਟੈ ਕੋਈ ਮੇਰੈ ਠਾਕੁਰਿ ਆਪਿ ਦਿਵਾਈ ॥ ਨਿੰਦਕ ਨਰ ਕਾਲੇ ਮੁਖ ਨਿੰਦਾ ਜਿਨ੍ਹ ਗੁਰ ਕੀ ਦਾਤਿ ਨ ਭਾਈ ॥੪॥ ਐ ਜੀ ਸਰਣਿ ਪਰੇ ਪ੍ਰਭੁ ਬਖਸਿ ਮਿਲਾਵੈ ਬਿਲਮ ਨ ਅਧੂਆ ਰਾਈ ॥ ਆਨਦ ਮੂਲੁ ਨਾਥੁ ਸਿਰਿ ਨਾਥਾ ਸਤਿਗੁਰੁ ਮੇਲਿ ਮਿਲਾਈ ॥੫॥ ਐ ਜੀ ਸਦਾ ਦਇਆਲੁ ਦਇਆ ਕਰਿ ਰਵਿਆ ਗੁਰਮਤਿ ਭ੍ਰਮਨਿ ਚੁਕਾਈ ॥ ਪਾਰਸੁ ਭੇਟਿ ਕੰਚਨੁ ਧਾਤੁ ਹੋਈ ਸਤਸੰਗਤਿ ਕੀ ਵਡਿਆਈ ॥੬॥ ਹਰਿ ਜਲੁ ਨਿਰਮਲੁ ਮਨੁ ਇਸਨਾਨੀ ਮਜਨੁ ਸਤਿਗੁਰੁ ਭਾਈ ॥ ਪੁਨਰਪਿ ਜਨਮੁ ਨਾਹੀ ਜਨ ਸੰਗਤਿ ਜੋਤੀ ਜੋਤਿ ਮਿਲਾਈ ॥੭॥ ਤੂੰ ਵਡ ਪੁਰਖੁ ਅਗੰਮ ਤਰੋਵਰੁ ਹਮ ਪੰਖੀ ਤੁਝ ਮਾਹੀ ॥ ਨਾਨਕ ਨਾਮੁ ਨਿਰੰਜਨ ਦੀਜੈ ਜੁਗਿ ਜੁਗਿ ਸਬਦਿ ਸਲਾਹੀ ॥੮॥੪॥ {ਪੰਨਾ 504-505}

ਪਦਅਰਥ:- ਐ ਜੀ—ਹੇ ਭਾਈ! ਉਤਮ—ਉੱਚੀ ਜਾਤਿ ਦੇ । ਨੀਚ—ਨੀਵੀਂ ਜਾਤਿ ਦੇ । ਮਧਿਮ—

ਵਿਚਕਾਰਲੀ ਜਾਤਿ ਦੇ । ਹਰਿ ਸਰਣਾਗਤਿ—ਹਰੀ ਦੀ ਸਰਨ ਆਏ ਹੋਏ । ਹਰਿ ਕੇ ਲੋਗ—ਪਰਮਾਤਮਾ ਦੇ ਭਗਤ । ਰਤੇ—ਰੰਗੇ ਹੋਏ । ਬੈਰਾਗੀ—ਨਿਰਮੋਹ । ਸੋਗ—ਚਿੰਤਾ । ਬਿਜੋਗ—ਵਿਛੋੜਾ । ਬਿਸਰਜਿਤ—ਵਿਸਾਰੇ ਹੋਏ ।੧।

ਤੇ—ਤੋਂ, ਨਾਲ । ਵਾਕਿ—ਵਾਕ ਦੀ ਰਾਹੀਂ, ਸ਼ਬਦ ਦੀ ਰਾਹੀਂ । ਕਾਣਿ—ਮੁਥਾਜੀ । ਜਮ ਕੀ ਬਾਕੀ—ਅਜੇਹਾ ਬਾਕੀ ਲੇਖਾ ਜਿਸ ਕਰਕੇ ਜਮਰਾਜ ਦਾ ਜ਼ੋਰ ਪੈ ਸਕੇ ।੧।ਰਹਾਉ।

ਰਸਨ—ਜੀਭ (ਨਾਲ) । ਰਵਹਿ—ਜਪਦੇ ਹਨ । ਪ੍ਰਭ ਸੰਗੇ—ਪ੍ਰਭੂ ਦੀ ਸੰਗਤਿ ਵਿਚ । ਸਹਜਿ—ਸੁਤੇ ਹੀ । ਜਗਿ—ਜਗਤ ਵਿਚ । ਮੇਕ—ਇੱਕ ਭੀ ।੨।

ਘਰਿ—ਘਰ ਵਿਚ । ਗਤਿ—ਉੱਚੀ ਆਤਮਕ ਅਵਸਥਾ । ਰੋਸੁ—ਗੁੱਸਾ । ਬਖਸ—ਬਖ਼ਸ਼ਸ਼ । ਸਵਾਈ—ਹੋਰ ਵਧੀਕ ।੩।

ਠਾਕੁਰਿ—ਠਾਕੁਰ ਨੇ । ਕਾਲੇ ਮੁਖ—ਕਾਲੇ ਮੂੰਹ ਵਾਲੇ । ਨ ਭਾਈ—ਚੰਗੀ ਨਾਹ ਲੱਗੀ ।੪।

ਬਖਸਿ—ਬਖ਼ਸ਼ ਕੇ, ਮੇਹਰ ਕਰ ਕੇ । ਬਿਲਮ—ਦੇਰ, ਢਿੱਲ । ਅਧੂਆ ਰਾਈ—ਅੱਧੀ ਰਾਈ, ਰਤਾ ਭਰ ਭੀ । ਆਨਦ ਮੂਲੁ—ਸੁਖਾਂ ਦਾ ਸੋਮਾ । ਸਿਰਿ ਨਾਥਾ—ਨਾਥਾਂ ਦੇ ਸਿਰ ਤੇ । ਮੇਲਿ—ਮੇਲ ਵਿਚ ।੫।

ਰਵਿਆ—ਸਿਮਰਿਆ । ਭ੍ਰਮਨਿ—ਭਟਕਣਾ । ਚੁਕਾਈ—ਮੁਕਾ ਦਿੱਤੀ । ਭੇਟਿ—ਛੂਹ ਕੇ, ਮਿਲ ਕੇ । ਵਡਿਆਈ—ਬਰਕਤਿ, ਅਜ਼ਮਤ ।੬।

ਮਜਨੁ—ਚੁੱਭੀ, ਇਸ਼ਨਾਨ । ਭਾਈ—ਚੰਗਾ ਲੱਗਾ । ਪੁਨਰਪਿ—{pun:Aip} ਮੁੜ ਮੁੜ ।੭।

ਅਗੰਮ—ਅਪਹੁੰਚ । ਤਰੋਵਰੁ—ਸ੍ਰੇਸ਼ਟ ਰੁੱਖ । ਜੁਗਿ ਜੁਗਿ—ਸਦਾ ਹੀ । ਸਲਾਹੀ—ਮੈਂ ਸਿਫ਼ਤਿ-ਸਾਲਾਹ ਕਰਾਂ ।੮।

ਅਰਥ:- ਹੇ ਭਾਈ! ਪਰਮਾਤਮਾ ਦੀ ਭਗਤੀ ਗੁਰੂ ਦੀ ਮੇਹਰ ਨਾਲ ਹੀ ਹੋ ਸਕਦੀ ਹੈ । ਜਿਸ ਮਨੁੱਖ ਨੇ ਸਤਿਗੁਰੂ ਦੇ ਸ਼ਬਦ ਦੀ ਰਾਹੀਂ ਆਪਣੇ ਹਿਰਦੇ ਵਿਚ ਪਰਮਾਤਮਾ ਦਾ ਪਵਿਤ੍ਰ ਨਾਮ ਵਸਾ ਲਿਆ ਹੈ, ਉਸ ਨੂੰ ਜਮ ਦੀ ਮੁਥਾਜੀ ਨਹੀਂ ਰਹਿੰਦੀ, ਉਸ ਦੇ ਜ਼ਿੰਮੇ ਪਿਛਲੇ ਕੀਤੇ ਕਰਮਾਂ ਦਾ ਕੋਈ ਅਜੇਹਾ ਬਾਕੀ ਲੇਖਾ ਨਹੀਂ ਰਹਿ ਜਾਂਦਾ ਜਿਸ ਕਰਕੇ ਜਮਰਾਜ ਦਾ ਉਸ ਉਤੇ ਜ਼ੋਰ ਪੈ ਸਕੇ ।੧।ਰਹਾਉ।

ਹੇ ਭਾਈ! ਜੇਹੜੇ ਬੰਦੇ ਪਰਮਾਤਮਾ ਦੀ ਭਗਤੀ ਕਰਦੇ ਹਨ ਜੋ ਪਰਮਾਤਮਾ ਦੀ ਸਰਨ ਆਉਂਦੇ ਹਨ ਉਹਨਾਂ ਨੂੰ ਨਾਹ ਇਹ ਮਾਣ ਹੁੰਦਾ ਹੈ ਕਿ ਅਸੀ ਸਭ ਤੋਂ ਉੱਚੀ ਜਾਂ ਵਿਚਕਾਰਲੀ ਜਾਤਿ ਦੇ ਹਾਂ, ਨਾਹ ਇਹ ਸਹਮ ਹੁੰਦਾ ਹੈ ਕਿ ਅਸੀ ਨੀਵੀਂ ਜਾਤਿ ਦੇ ਹਾਂ । ਸਿਰਫ਼ ਪ੍ਰਭੂ-ਨਾਮ ਵਿਚ ਰੰਗੇ ਰਹਿਣ ਕਰਕੇ ਉਹ (ਇਸ ਊਚਤਾ ਨੀਚਤਾ ਆਦਿਕ ਵਲੋਂ) ਨਿਰਮੋਹ ਰਹਿੰਦੇ ਹਨ । ਚਿੰਤਾ, ਵਿਛੋੜਾ, ਰੋਗ ਆਦਿਕ ਉਹ ਸਭ ਭੁਲਾ ਚੁਕੇ ਹੁੰਦੇ ਹਨ ।੧।

(ਪਰਮਾਤਮਾ ਦੇ ਭਗਤ) ਪਰਮਾਤਮਾ ਦੀ ਸੰਗਤਿ ਵਿਚ ਟਿਕ ਕੇ ਆਪਣੀ ਜੀਭ ਨਾਲ ਪਰਮਾਤਮਾ ਦੇ ਗੁਣ ਗਾਂਦੇ ਹਨ (ਉਹ ਇਹੀ ਸਮਝਦੇ ਹਨ ਕਿ) ਸੁਤੇ ਹੀ (ਜਗਤ ਵਿਚ ਉਹੀ ਵਰਤਦਾ ਹੈ) ਜੋ ਉਸ ਪਰਮਾਤਮਾ ਨੂੰ ਭਾਉਂਦਾ ਹੈ । ਪਰਮਾਤਮਾ ਦੇ ਨਾਮ ਤੋਂ ਬਿਨਾ ਜਗਤ ਵਿਚ ਜਿਊਣਾ ਉਹਨਾਂ ਨੂੰ ਵਿਅਰਥ ਦਿੱਸਦਾ ਹੈ, ਪਰਮਾਤਮਾ ਦੀ ਭਗਤੀ ਤੋਂ ਬਿਨਾ ਉਹਨਾਂ ਨੂੰ ਇੱਕ ਭੀ ਘੜੀ ਨਿਸਫਲ ਜਾਪਦੀ

ਹੈ ।੭।

ਹੇ ਭਾਈ! ਜੇਹੜਾ ਮਨੁੱਖ ਪਰਮਾਤਮਾ ਦੇ ਭਗਤਾਂ ਵਾਸਤੇ ਆਪਣੇ ਮਨ ਵਿਚ ਖੋਟ ਰੱਖਦਾ ਹੈ ਤੇ ਉਹਨਾਂ ਦੀ ਨਿੰਦਾ ਕਰਦਾ ਹੈ ਉਸ ਨੂੰ ਨਾਹ ਘਰ ਵਿਚ ਨਾਹ ਬਾਹਰ ਕਿਤੇ ਭੀ ਆਤਮਕ ਸ਼ਾਂਤੀ ਦੀ ਥਾਂ ਨਹੀਂ ਮਿਲਦੀ ਕਿਉਂਕਿ ਉਸ ਦੀ ਆਪਣੀ ਆਤਮਕ ਅਵਸਥਾ ਠੀਕ ਨਹੀਂ ਹੈ । (ਪਰਮਾਤਮਾ ਆਪਣੇ ਭਗਤਾਂ ਉਤੇ ਸਦਾ ਬਖ਼ਸ਼ਸ਼ਾਂ ਕਰਦਾ ਹੈ) ਜੇ ਨਿੰਦਕ (ਇਹ ਬਖ਼ਸ਼ਸ਼ਾਂ ਵੇਖ ਕੇ) ਖਿੱਝੇ, ਤਾਂ ਭੀ ਪਰਮਾਤਮਾ ਆਪਣੀ ਬਖ਼ਸ਼ਸ਼ ਬੰਦ ਨਹੀਂ ਕਰਦਾ, ਉਹ ਸਗੋਂ ਸਦਾ ਹੀ ਵਧਦੀ ਹੈ ।੩।

ਹੇ ਭਾਈ! (ਪ੍ਰਭੂ ਦੀ ਸਿਫ਼ਤਿ-ਸਾਲਾਹ) ਗੁਰੂ ਦੀ ਦਿੱਤੀ ਹੋਈ ਦਾਤਿ ਹੈ, ਇਸ ਨੂੰ ਕੋਈ ਮਿਟਾ ਨਹੀਂ ਸਕਦਾ; ਠਾਕੁਰ-ਪ੍ਰਭੂ ਨੇ ਆਪ ਹੀ ਇਹ (ਨਾਮ ਦੀ) ਦਾਤਿ ਦਿਵਾਈ ਹੁੰਦੀ ਹੈ । ਜਿਨ੍ਹਾਂ ਨਿੰਦਕਾਂ ਨੂੰ (ਭਗਤ ਜਨਾਂ ਨੂੰ ਦਿੱਤੀ ਹੋਈ) ਗੁਰੂ ਦੀ ਦਾਤਿ ਪਸੰਦ ਨਹੀਂ ਆਉਂਦੀ (ਤੇ ਉਹ ਭਗਤਾਂ ਦੀ ਨਿੰਦਾ ਕਰਦੇ ਹਨ) ਨਿੰਦਾ ਦੇ ਕਾਰਨ ਉਹਨਾਂ ਨਿੰਦਕਾਂ ਦੇ ਮੂੰਹ ਕਾਲੇ (ਦਿੱਸਦੇ ਹਨ) ।੪।

ਹੇ ਭਾਈ! ਜੇਹੜੇ ਮਨੁੱਖ (ਪ੍ਰਭੂ ਦੀ) ਸਰਨ ਪੈਂਦੇ ਹਨ, ਪ੍ਰਭੂ ਮੇਹਰ ਕਰ ਕੇ ਉਹਨਾਂ ਨੂੰ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ, ਰਤਾ ਭਰ ਭੀ ਢਿੱਲ ਨਹੀਂ ਕਰਦਾ । ਉਹ ਪ੍ਰਭੂ ਆਤਮਕ ਆਨੰਦ ਦਾ ਸੋਮਾ ਹੈ, ਸਭ ਤੋਂ ਵੱਡਾ ਨਾਥ ਹੈ, ਗੁਰੂ (ਸਰਨ ਪਏ ਮਨੁੱਖ ਨੂੰ) ਪਰਮਾਤਮਾ ਦੇ ਮੇਲ ਵਿਚ ਮਿਲਾ ਦੇਂਦਾ ਹੈ ।੫।

ਹੇ ਭਾਈ! ਪਰਮਾਤਮਾ ਦਇਆ ਦਾ ਸੋਮਾ ਹੈ (ਸਭ ਜੀਵਾਂ ਉਤੇ) ਸਦਾ ਦਇਆ ਕਰਦਾ ਹੈ । ਜੇਹੜਾ ਮਨੁੱਖ ਗੁਰੂ ਦੀ ਮਤਿ ਲੈ ਕੇ ਉਸ ਨੂੰ ਸਿਮਰਦਾ ਹੈ, ਪ੍ਰਭੂ ਉਸ ਦੀ ਭਟਕਣਾ ਮਿਟਾ ਦੇਂਦਾ ਹੈ, । ਜਿਵੇਂ (ਲੋਹਾ ਆਦਿਕ) ਧਾਤ ਪਾਰਸ ਨੂੰ ਛੁਹ ਕੇ ਸੋਨਾ ਬਣ ਜਾਂਦੀ ਹੈ ਤਿਵੇਂ ਸਾਧ ਸੰਗਤਿ ਵਿਚ ਭੀ ਇਹੀ ਬਰਕਤਿ ਹੈ ।੬।

ਪਰਮਾਤਮਾ (ਮਾਨੋ) ਪਵਿਤ੍ਰ ਜਲ ਹੈ (ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਸ ਦਾ) ਮਨ (ਇਸ ਪਵਿਤ੍ਰ ਜਲ ਵਿਚ) ਇਸ਼ਨਾਨ ਕਰਨ ਜੋਗਾ ਬਣ ਜਾਂਦਾ ਹੈ । ਜਿਸ ਮਨੁੱਖ ਨੂੰ ਆਪਣੇ ਮਨ ਵਿਚ ਸਤਿਗੁਰੂ ਪਿਆਰਾ ਲੱਗਦਾ ਹੈ ਉਸ ਦਾ ਮਨ (ਇਸ ਪਵਿਤ੍ਰ ਜਲ ਵਿਚ) ਚੁੱਭੀ ਲਾਂਦਾ ਹੈ । ਸਾਧ ਸੰਗਤਿ ਵਿਚ ਰਹਿ ਕੇ ਉਸ ਨੂੰ ਮੁੜ ਮੁੜ ਜਨਮ ਨਹੀਂ ਹੁੰਦਾ, (ਕਿਉਂਕਿ ਗੁਰੂ) ਉਸ ਦੀ ਜੋਤਿ ਪ੍ਰਭੂ ਦੀ ਜੋਤਿ ਵਿਚ ਮਿਲਾ ਦੇਂਦਾ ਹੈ ।੭।

ਹੇ ਪ੍ਰਭੂ! ਤੂੰ ਸਭ ਤੋਂ ਵੱਡਾ ਹੈਂ, ਤੂੰ ਸਰਬ-ਵਿਆਪਕ ਹੈਂ, ਤੂੰ ਅਪਹੁੰਚ ਹੈਂ । ਤੂੰ (ਮਾਨੋ) ਇਕ ਸ੍ਰੇਸ਼ਟ ਰੁੱਖ ਹੈਂ ਜਿਸ ਦੇ ਆਸਰੇ ਰਹਿਣ ਵਾਲੇ ਅਸੀ ਸਾਰੇ ਜੀਵ ਪੰਛੀ ਹਾਂ । ਹੇ ਨਿਰੰਜਨ ਪ੍ਰਭੂ! ਮੈਨੂੰ ਨਾਨਕ ਨੂੰ ਆਪਣਾ ਨਾਮ ਬਖ਼ਸ਼, ਤਾ ਕਿ ਮੈਂ ਸਦਾ ਹੀ ਗੁਰੂ ਦੇ ਸ਼ਬਦ ਵਿਚ (ਜੁੜ ਕੇ) ਤੇਰੀ ਸਿਫ਼ਤਿ-ਸਾਲਾਹ ਕਰਦਾ ਰਹਾਂ ।੮।੪।

ਗੂਜਰੀ ਮਹਲਾ ੧ ਘਰੁ ੪ ੴ ਸਤਿਗੁਰ ਪ੍ਰਸਾਦਿ ॥ ਭਗਤਿ ਪ੍ਰੇਮ ਆਰਾਧਿਤੰ ਸਚੁ ਪਿਆਸ ਪਰਮ ਹਿਤੰ ॥ ਬਿਲਲਾਪ ਬਿਲਲ ਬਿਨੰਤੀਆ ਸੁਖ ਭਾਇ ਚਿਤ ਹਿਤੰ ॥੧॥ ਜਪਿ ਮਨ ਨਾਮੁ ਹਰਿ ਸਰਣੀ ॥ ਸੰਸਾਰ ਸਾਗਰ ਤਾਰਿ ਤਾਰਣ ਰਮ ਨਾਮ ਕਰਿ ਕਰਣੀ ॥੧॥ ਰਹਾਉ ॥ ਏ ਮਨ ਮਿਰਤ ਸੁਭ ਚਿੰਤੰ ਗੁਰ ਸਬਦਿ ਹਰਿ ਰਮਣੰ ॥ ਮਤਿ ਤਤੁ ਗਿਆਨੰ ਕਲਿਆਣ ਨਿਧਾਨੰ ਹਰਿ ਨਾਮ ਮਨਿ ਰਮਣੰ ॥੨॥ ਚਲ ਚਿਤ ਵਿਤ ਭ੍ਰਮਾ ਭ੍ਰਮੰ ਜਗੁ ਮੋਹ

ਮਗਨ ਹਿਤੰ ॥ ਥਿਰੁ ਨਾਮੁ ਭਗਤਿ ਦਿੜੰ ਮਤੀ ਗੁਰ ਵਾਕਿ ਸਬਦ ਰਤੰ ॥੩॥ ਭਰਮਾਤਿ ਭਰਮੁ ਨ ਚੂਕਈ ਜਗੁ ਜਨਮਿ ਬਿਆਧਿ ਖਪੰ ॥ ਅਸਥਾਨੁ ਹਰਿ ਨਿਹਕੇਵਲੰ ਸਤਿ ਮਤੀ ਨਾਮ ਤਪੰ ॥੪॥ ਇਹੁ ਜਗੁ ਮੋਹ ਹੇਤ ਬਿਆਪਿਤੰ ਦੁਖੁ ਅਧਿਕ ਜਨਮ ਮਰਣੰ ॥ ਭਜੁ ਸਰਣਿ ਸਤਿਗੁਰ ਊਬਰਹਿ ਹਰਿ ਨਾਮੁ ਰਿਦ ਰਮਣੰ ॥੫॥ ਗੁਰਮਤਿ ਨਿਹਚਲ ਮਨਿ ਮਨੁ ਮਨੰ ਸਹਜ ਬੀਚਾਰੰ ॥ ਸੋ ਮਨੁ ਨਿਰਮਲੁ ਜਿਤੁ ਸਾਚੁ ਅੰਤਰਿ ਗਿਆਨ ਰਤਨੁ ਸਾਰੰ ॥੬॥ ਭੈ ਭਾਇ ਭਗਤਿ ਤਰੁ ਭਵਜਲੁ ਮਨਾ ਚਿਤੁ ਲਾਇ ਹਰਿ ਚਰਣੀ ॥ ਹਰਿ ਨਾਮੁ ਹਿਰਦੈ ਪਵਿਤ੍ਰੁ ਪਾਵਨੁ ਇਹੁ ਸਰੀਰੁ ਤਉ ਸਰਣੀ ॥੭॥ ਲਬ ਲੋਭ ਲਹਰਿ ਨਿਵਾਰਣੰ ਹਰਿ ਨਾਮ ਰਾਸਿ ਮਨੰ ॥ ਮਨੁ ਮਾਰਿ ਤੁਹੀ ਨਿਰੰਜਨਾ ਕਹੁ ਨਾਨਕਾ ਸਰਨੰ ॥੮॥੧॥੫॥ {ਪੰਨਾ 505}

ਪਦਅਰਥ:- ਆਰਾਧਿਤੰ—ਆਰਾਧਿਆ (ਜਿਨ੍ਹਾਂ ਨੇ) । ਸਚੁ—ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨੂੰ । ਪਿਆਸ—ਤਾਂਘ । ਪਰਮ—ਸਭ ਤੋਂ ਉੱਚੀ, ਬਹੁਤ ਉੱਚੀ । ਹਿਤੰ—ਪ੍ਰੇਮ । ਭਾਇ ਹਿਤੰ—ਪ੍ਰੇਮ-ਭਾਵ ਵਿਚ ।੧।

ਮਨ—ਹੇ ਮਨ! ਤਾਰਿ—ਬੇੜੀ, ਜਹਾਜ਼ । ਰਮ ਨਾਮ—ਰਾਮ ਦਾ ਨਾਮ । ਕਰਣੀ—{krx0X} ਕਰਤੱਬ, ਜੀਵਨ ਦਾ ਨਿਸ਼ਾਨਾ ।੧।ਰਹਾਉ।

ਏ—ਹੇ! ਮਿਰਤ—ਮੌਤ, ਵਿਕਾਰਾਂ ਵਲੋਂ ਉਪਰਾਮਤਾ । ਸੁਭ ਚਿੰਤੰ—ਸ਼ੁਭਚਿੰਤਕ, ਸੁਖਦਾਈ । ਰਮਣੰ—ਸਿਮਰਨ । ਤਤੁ—ਜਗਤ ਦਾ ਮੂਲ-ਪ੍ਰਭੂ । ਗਿਆਨੰ—ਜਾਣ-ਪਛਾਣ, ਡੂੰਘੀ ਸਾਂਝ । ਕਲਿਆਣ—ਸੁਖ, ਆਨੰਦ ।੨।

ਚਲ ਚਿਤ—ਚਿੱਤ ਨੂੰ ਚੰਚਲ ਕਰਨ ਵਾਲਾ । ਵਿਤ—ਧਨ । ਭ੍ਰਮਾਭ੍ਰਮੰ—ਭਟਕਣਾ । ਮਗਨ—ਮਸਤ । ਗੁਰ ਵਾਕਿ—ਗੁਰੂ ਦੇ ਸ਼ਬਦ ਦੀ ਰਾਹੀਂ । ਦਿੜੰ—ਪੱਕੀ (ਕਰ ਲਈ ਹੈ) । ਮਤੀ—ਅਕਲ, ਸਮਝ ।੩।

ਭਰਮਾਤਿ—ਭਟਕਦਾ ਹੈ । ਭਰਮੁ—ਭਟਕਣ । ਜਨਮਿ—ਜਨਮ (-ਮਰਨ) ਵਿਚ । ਬਿਆਧਿ—ਰੋਗ । ਖਪੰ—ਖ਼ੁਆਰ ਹੁੰਦਾ ਹੈ । ਨਿਹਕੇਵਲੰ—ਵਾਸਨਾ-ਰਹਿਤ । ਸਤਿ—ਸਦਾ-ਥਿਰ ।੪।

ਬਿਆਪਿਤੰ—ਦਬਾਇਆ ਹੋਇਆ, ਦਬਾ ਹੇਠ । ਅਧਿਕ—ਬਹੁਤ । ਊਬਰਹਿ—ਤੂੰ ਬਚੇਂਗਾ ।੫।

ਨਿਹਚਲ—ਅਟੱਲ । ਮਨਿ—ਮਨ ਵਿਚ (ਧਾਰਨ ਕਰ) । ਮਨੰ—ਮੰਨ ਜਾਇਗਾ, ਗਿੱਝ ਜਾਇਗਾ । ਸਹਜ—ਅਡੋਲ ਆਤਮਕ ਅਵਸਥਾ । ਜਿਤੁ—ਜਿਸ ਵਿਚ । ਸਾਰੰ—ਸ੍ਰੇਸ਼ਟ ।੬।

ਭੈ—(ਪਰਮਾਤਮਾ ਦੇ) ਡਰ ਵਿਚ । ਭਾਇ—(ਪਰਮਾਤਮਾ ਦੇ) ਪ੍ਰੇਮ ਵਿਚ । ਤਰੁ—ਪਾਰ ਲੰਘ । ਭਵਜਲੁ—ਸੰਸਾਰ-ਸਮੁੰਦਰ । ਲਾਇ—ਜੋੜ । ਪਾਵਨੁ—ਪਵਿਤ੍ਰ । ਤਉ—ਤੇਰੀ ।੭।

ਨਿਵਾਰਣੰ—ਦੂਰ ਕਰਨ ਦੇ ਸਮਰੱਥ । ਰਾਸਿ—ਸਰਮਾਇਆ । ਮਨੰ—ਮਨ ਵਿਚ । ਨਿਰੰਜਨਾ—ਹੇ ਨਿਰੰਜਨ! ਹੇ ਮਾਇਆ-ਰਹਿਤ ਪ੍ਰਭੂ! ।੮।

ਅਰਥ:- ਹੇ ਮਨ! ਪਰਮਾਤਮਾ ਦਾ ਨਾਮ ਜਪ, ਪਰਮਾਤਮਾ ਦੀ ਓਟ ਫੜ । ਪਰਮਾਤਮਾ ਦੇ ਨਾਮ ਨੂੰ ਜੀਵਨ ਦਾ ਮਨੋਰਥ ਬਣਾ । ਇਹ ਨਾਮ ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਲਈ ਜਹਾਜ਼ ਹੈ

।੧।ਰਹਾਉ।

ਜੇਹੜੇ ਮਨੁੱਖ ਪਰਮਾਤਮਾ ਦੀ ਭਗਤੀ ਕਰਦੇ ਹਨ, ਸਦਾ-ਥਿਰ ਪ੍ਰਭੂ ਨੂੰ ਪ੍ਰੇਮ ਨਾਲ ਆਰਾਧਦੇ ਹਨ, ਉਹਨਾਂ ਦੇ ਅੰਦਰ ਪ੍ਰਭੂ-ਪ੍ਰੇਮ ਦੀ ਤੀਬਰ ਖਿੱਚ ਬਣੀ ਰਹਿੰਦੀ ਹੈ, ਉਹ (ਪ੍ਰਭੂ ਦੇ ਦਰ ਤੇ ਹੀ) ਹਾੜੇ-ਤਰਲੇ ਕਰਦੇ ਹਨ ਬੇਨਤੀਆਂ ਕਰਦੇ ਹਨ, ਉਹਨਾਂ ਦੇ ਚਿੱਤ ਪ੍ਰਭੂ ਦੇ ਪ੍ਰੇਮ ਪਿਆਰ ਵਿਚ (ਮਗਨ ਰਹਿੰਦੇ ਹਨ) ਤੇ ਉਹ ਆਤਮਕ ਆਨੰਦ ਮਾਣਦੇ ਹਨ ।੧।

ਹੇ ਮਨ! ਗੁਰੂ ਦੇ ਸ਼ਬਦ ਵਿਚ (ਟਿਕ ਕੇ) ਪਰਮਾਤਮਾ ਦਾ ਸਿਮਰਨ ਕਰ, ਤੇ (ਵਿਕਾਰਾਂ ਵਲੋਂ ਉਪਰਾਮ ਹੋ), ਵਿਕਾਰਾਂ ਵਲੋਂ ਮੌਤ (ਜੀਵਨ ਵਾਸਤੇ) ਸੁਖਦਾਈ ਹੈ । ਜੇਹੜੇ ਮਨੁੱਖ ਪਰਮਾਤਮਾ ਦਾ ਨਾਮ ਮਨ ਵਿਚ ਸਿਮਰਦੇ ਹਨ ਉਹਨਾਂ ਦੀ ਮਤਿ ਜਗਤ-ਮੂਲ ਪ੍ਰਭੂ ਨਾਲ ਡੂੰਘੀ ਸਾਂਝ ਪਾ ਲੈਂਦੀ ਹੈ, ਉਹਨਾਂ ਨੂੰ ਸੁਖਾਂ ਦਾ ਖ਼ਜ਼ਾਨਾ ਪ੍ਰਭੂ ਮਿਲ ਪੈਂਦਾ ਹੈ ।੨।

(ਦੁਨੀਆ ਦਾ) ਧਨ (ਮਨੁੱਖ ਦੇ) ਮਨ ਨੂੰ ਚੰਚਲ ਬਣਾਂਦਾ ਹੈ ਤੇ ਭਟਕਣਾ ਪੈਦਾ ਕਰਦਾ ਹੈ, (ਪਰ) ਜਗਤ (ਇਸ ਧਨ ਦੇ) ਮੋਹ ਵਿਚ ਪ੍ਰੇਮ ਵਿਚ ਮਸਤ ਰਹਿੰਦਾ ਹੈ । ਪਰਮਾਤਮਾ ਦੇ ਭਗਤ (ਆਪਣੀ) ਸਮਝ ਵਿਚ (ਇਹ ਨਿਸਚਾ) ਪੱਕਾ ਕਰ ਲੈਂਦੇ ਹਨ ਕਿ ਪਰਮਾਤਮਾ ਦਾ ਨਾਮ (ਹੀ) ਸਦਾ ਕਾਇਮ ਰਹਿਣ ਵਾਲਾ ਹੈ । ਉਹ ਗੁਰੂ ਦੇ ਸ਼ਬਦ ਵਿਚ ਟਿਕ ਕੇ ਸਿਫ਼ਤਿ-ਸਾਲਾਹ ਵਿਚ ਰੱਤੇ ਰਹਿੰਦੇ ਹਨ ।੩।

ਜਗਤ (ਮਾਇਆ ਦੇ ਮੋਹ ਦੇ ਕਾਰਨ) ਜਨਮ ਮਰਨ ਦੇ ਰੋਗ ਵਿਚ ਖ਼ੁਆਰ ਹੁੰਦਾ ਰਹਿੰਦਾ ਹੈ, ਭਟਕਦਾ ਰਹਿੰਦਾ ਹੈ, (ਇਸ ਦੀ ਮਾਇਆ ਵਾਲੀ) ਭਟਕਣਾ ਮੁੱਕਦੀ ਨਹੀਂ । ਹੇ ਮਨ! ਪਰਮਾਤਮਾ ਦੀ ਸਰਨ ਹੀ ਐਸਾ ਥਾਂ ਹੈ ਜੋ ਮਾਇਆ ਦੇ ਮੋਹ ਤੋਂ ਉਪਰਾਮ ਕਰਦਾ ਹੈ, ਪਰਮਾਤਮਾ ਦੇ ਨਾਮ ਦਾ ਤਪ ਹੀ ਸਹੀ ਸਮਝ ਹੈ ।੪।

ਇਹ ਜਗਤ ਮਾਇਆ ਦੇ ਮੋਹ ਵਿਚ ਫਸਿਆ ਹੋਇਆ ਹੈ, ਇਸ ਵਾਸਤੇ ਇਸ ਨੂੰ ਜਨਮ ਮਰਨ ਦਾ ਬਹੁਤ ਦੁੱਖ ਲੱਗਾ ਰਹਿੰਦਾ ਹੈ । (ਹੇ ਭਾਈ!) ਤੂੰ ਪਰਮਾਤਮਾ ਦਾ ਨਾਮ ਹਿਰਦੇ ਵਿਚ ਸਿਮਰ, ਸਤਿਗੁਰੂ ਦੀ ਸਰਨ ਪਉ, (ਤਦੋਂ ਹੀ) ਤੂੰ (ਜਨਮ ਮਰਨ ਦੇ ਗੇੜ ਤੋਂ) ਬਚ ਸਕੇਂਗਾ ।੫।

ਜੋ ਮਨੁੱਖ ਆਪਣੇ ਮਨ ਵਿਚ ਗੁਰੂ ਦੀ ਸਿੱਖਿਆ ਪੱਕੇ ਤੌਰ ਤੇ ਧਾਰਨ ਕਰ ਲੈਂਦਾ ਹੈ, ਉਸ ਦਾ ਮਨ ਅਡੋਲ ਆਤਮਕ ਅਵਸਥਾ ਦੀ ਵਿਚਾਰ ਵਿਚ ਗਿੱਝ ਜਾਂਦਾ ਹੈ (ਭਾਵ, ਉਹ ਸਦਾ ਇਹ ਖ਼ਿਆਲ ਰੱਖਦਾ ਹੈ ਕਿ ਮਨ ਮਾਇਆ ਦੀ ਭਟਕਣਾ ਵਲੋਂ ਹਟ ਕੇ ਪ੍ਰਭੂ ਦੇ ਨਾਮ ਦੀ ਇਕਾਗ੍ਰਤਾ ਵਿਚ ਟਿਕਿਆ ਰਹੇ) । ਜਿਸ ਮਨ ਵਿਚ ਸਦਾ-ਥਿਰ ਪ੍ਰਭੂ ਟਿਕ ਜਾਏ ਉਹ ਮਨ ਪਵਿਤ੍ਰ ਹੋ ਜਾਂਦਾ ਹੈ, ਉਸ ਦੇ ਅੰਦਰ ਪ੍ਰਭੂ-ਗਿਆਨ ਦਾ ਸ੍ਰੇਸ਼ਟ ਰਤਨ ਮੌਜੂਦ ਰਹਿੰਦਾ ਹੈ ।੬।

ਹੇ (ਮੇਰੇ) ਮਨ! ਪਰਮਾਤਮਾ ਦੇ ਡਰ-ਅਦਬ ਵਿਚ ਰਹੁ, ਪ੍ਰਭੂ ਦੇ ਪਿਆਰ ਵਿਚ ਰਹੁ, ਪ੍ਰਭੂ ਦੀ ਭਗਤੀ ਕਰ, ਪ੍ਰਭੂ ਦੇ ਚਰਨਾਂ ਵਿਚ ਸੁਰਤਿ ਜੋੜ, ਇਸ ਤਰ੍ਹਾਂ ਸੰਸਾਰ-ਸਮੁੰਦਰ ਤੋਂ ਪਾਰ ਲੰਘ । (ਹੇ ਭਾਈ!) ਪਰਮਾਤਮਾ ਦਾ ਪਵਿਤ੍ਰ ਨਾਮ ਆਪਣੇ ਹਿਰਦੇ ਵਿਚ (ਰੱਖ ਤੇ ਪ੍ਰਭੂ ਅੱਗੇ ਇਉਂ ਅਰਦਾਸ ਕਰ—ਹੇ ਪ੍ਰਭੂ!) ਮੇਰਾ ਇਹ ਸਰੀਰ ਤੇਰੀ ਸਰਨ ਹੈ (ਭਾਵ, ਮੈਂ ਤੇਰੀ ਸਰਨ ਆਇਆ ਹਾਂ) ।੭।

ਹੇ ਨਾਨਕ! ਪਰਮਾਤਮਾ ਦਾ ਨਾਮ (ਆਤਮਕ ਜੀਵਨ ਦਾ ਸਰਮਾਇਆ ਹੈ, ਇਸ) ਸਰਮਾਏ ਨੂੰ ਆਪਣੇ ਮਨ ਵਿਚ ਸਾਂਭ ਕੇ ਰੱਖ, ਇਹ ਲੱਬ ਤੇ ਲੋਭ ਦੀਆਂ ਲਹਿਰਾਂ ਨੂੰ ਦੂਰ ਕਰਨ ਦੇ ਸਮਰੱਥ ਹੈ । ਆਪਣੇ ਮਨ ਨੂੰ (ਲਬ ਲੋਭ ਵਲੋਂ) ਕਾਬੂ ਕਰ ਕੇ ਰੱਖ, ਤੇ ਆਖ—ਹੇ ਨਿਰੰਜਨ! ਮੈਂ ਤੇਰੀ ਸਰਨ ਆਇਆ ਹਾਂ

।੮।੧।੫।

ਨੋਟ:- ਪਹਿਲੀਆਂ ੪ ਅਸ਼ਟਪਦੀਆਂ "ਘਰੁ ੧" ਦੀਆਂ ਸਨ । ਇਹ ਅਸ਼ਟਪਦੀ "ਘਰੁ ੪" ਦੀ ਹੈ । ਅਖ਼ੀਰਲੇ ਅੰਕ ੧ ਦਾ ਇਹੀ ਭਾਵ ਹੈ । ਅੰਕ ੫ ਦੱਸਦਾ ਹੈ ਕਿ ਗੁਰੂ ਨਾਨਕ ਸਾਹਿਬ ਦੀਆਂ ਕੁੱਲ ਪੰਜ ਅਸ਼ਟਪਦੀਆਂ ਹਨ ।

ਗੂਜਰੀ ਮਹਲਾ ੩ ਘਰੁ ੧ ੴ ਸਤਿਗੁਰ ਪ੍ਰਸਾਦਿ ॥ ਨਿਰਤਿ ਕਰੀ ਇਹੁ ਮਨੁ ਨਚਾਈ ॥ ਗੁਰ ਪਰਸਾਦੀ ਆਪੁ ਗਵਾਈ ॥ ਚਿਤੁ ਥਿਰੁ ਰਾਖੈ ਸੋ ਮੁਕਤਿ ਹੋਵੈ ਜੋ ਇਛੀ ਸੋਈ ਫਲੁ ਪਾਈ ॥੧॥ ਨਾਚੁ ਰੇ ਮਨ ਗੁਰ ਕੈ ਆਗੈ ॥ ਗੁਰ ਕੈ ਭਾਣੈ ਨਾਚਹਿ ਤਾ ਸੁਖੁ ਪਾਵਹਿ ਅੰਤੇ ਜਮ ਭਉ ਭਾਗੈ ॥ ਰਹਾਉ ॥ ਆਪਿ ਨਚਾਏ ਸੋ ਭਗਤੁ ਕਹੀਐ ਆਪਣਾ ਪਿਆਰੁ ਆਪਿ ਲਾਏ ॥ ਆਪੇ ਗਾਵੈ ਆਪਿ ਸੁਣਾਵੈ ਇਸੁ ਮਨ ਅੰਧੇ ਕਉ ਮਾਰਗਿ ਪਾਏ ॥੨॥ ਅਨਦਿਨੁ ਨਾਚੈ ਸਕਤਿ ਨਿਵਾਰੈ ਸਿਵ ਘਰਿ ਨੀਦ ਨ ਹੋਈ ॥ ਸਕਤੀ ਘਰਿ ਜਗਤੁ ਸੂਤਾ ਨਾਚੈ ਟਾਪੈ ਅਵਰੋ ਗਾਵੈ ਮਨਮੁਖਿ ਭਗਤਿ ਨ ਹੋਈ ॥੩॥ ਸੁਰਿ ਨਰ ਵਿਰਤਿ ਪਖਿ ਕਰਮੀ ਨਾਚੇ ਮੁਨਿ ਜਨ ਗਿਆਨ ਬੀਚਾਰੀ ॥ ਸਿਧ ਸਾਧਿਕ ਲਿਵ ਲਾਗੀ ਨਾਚੇ ਜਿਨ ਗੁਰਮੁਖਿ ਬੁਧਿ ਵੀਚਾਰੀ ॥੪॥ ਖੰਡ ਬ੍ਰਹਮੰਡ ਤ੍ਰੈ ਗੁਣ ਨਾਚੇ ਜਿਨ ਲਾਗੀ ਹਰਿ ਲਿਵ ਤੁਮਾਰੀ ॥ ਜੀਅ ਜੰਤ ਸਭੇ ਹੀ ਨਾਚੇ ਨਾਚਹਿ ਖਾਣੀ ਚਾਰੀ ॥੫॥ ਜੋ ਤੁਧੁ ਭਾਵਹਿ ਸੇਈ ਨਾਚਹਿ ਜਿਨ ਗੁਰਮੁਖਿ ਸਬਦਿ ਲਿਵ ਲਾਏ ॥ ਸੇ ਭਗਤ ਸੇ ਤਤੁ ਗਿਆਨੀ ਜਿਨ ਕਉ ਹੁਕਮੁ ਮਨਾਏ ॥੬॥ ਏਹਾ ਭਗਤਿ ਸਚੇ ਸਿਉ ਲਿਵ ਲਾਗੈ ਬਿਨੁ ਸੇਵਾ ਭਗਤਿ ਨ ਹੋਈ ॥ ਜੀਵਤੁ ਮਰੈ ਤਾ ਸਬਦੁ ਬੀਚਾਰੈ ਤਾ ਸਚੁ ਪਾਵੈ ਕੋਈ ॥੭॥ ਮਾਇਆ ਕੈ ਅਰਥਿ ਬਹੁਤੁ ਲੋਕ ਨਾਚੇ ਕੋ ਵਿਰਲਾ ਤਤੁ ਬੀਚਾਰੀ ॥ ਗੁਰ ਪਰਸਾਦੀ ਸੋਈ ਜਨੁ ਪਾਏ ਜਿਨ ਕਉ ਕ੍ਰਿਪਾ ਤੁਮਾਰੀ ॥੮॥ ਇਕੁ ਦਮੁ ਸਾਚਾ ਵੀਸਰੈ ਸਾ ਵੇਲਾ ਬਿਰਥਾ ਜਾਇ ॥ ਸਾਹਿ ਸਾਹਿ ਸਦਾ ਸਮਾਲੀਐ ਆਪੇ ਬਖਸੇ ਕਰੇ ਰਜਾਇ ॥੯॥ ਸੇਈ ਨਾਚਹਿ ਜੋ ਤੁਧੁ ਭਾਵਹਿ ਜਿ ਗੁਰਮੁਖਿ ਸਬਦੁ ਵੀਚਾਰੀ ॥ ਕਹੁ ਨਾਨਕ ਸੇ ਸਹਜ ਸੁਖੁ ਪਾਵਹਿ ਜਿਨ ਕਉ ਨਦਰਿ ਤੁਮਾਰੀ ॥੧੦॥੧॥੬॥ {ਪੰਨਾ 506}

ਪਦਅਰਥ:- ਨਿਰਤਿ—ਨਾਚ । ਕਰੀ—ਕਰੀਂ, ਮੈਂ ਕਰਦਾ ਹਾਂ । ਨਚਾਈ—ਮੈਂ ਨਚਾਂਦਾ ਹਾਂ । ਪਰਸਾਦੀ—ਪਰਸਾਦਿ, ਕਿਰਪਾ ਨਾਲ । ਆਪੁ—ਆਪਾ-ਭਾਵ । ਗਵਾਈ—ਗਵਾਈਂ, ਮੈਂ ਗਵਾਂਦਾ ਹਾਂ । ਥਿਰ—ਅਡੋਲ । ਰਾਖੈ—ਰੱਖਦਾ ਹੈ । ਮੁਕਤਿ—(ਮਾਇਆ ਦੇ ਬੰਧਨਾਂ ਤੋਂ) ਖ਼ਲਾਸੀ (ਦਾ ਆਸਵੰਦ) । ਇਛੀ—ਇੱਛੀਂ, ਮੈਂ ਇੱਛਾ ਕਰਦਾ ਹਾਂ । ਪਾਈ—ਮੈਂ ਪਾਂਦਾ ਹਾਂ ।੧।

ਗੁਰ ਕੈ ਆਗੈ—ਗੁਰੂ ਦੇ ਸਾਹਮਣੇ, ਗੁਰੂ ਦੇ ਸਨਮੁਖ ਰਹਿ ਕੇ । ਭਾਣੈ ਨਾਚਹਿ—ਜੇ ਤੂੰ ਹੁਕਮ ਵਿਚ ਨੱਚੇਂ, ਹੁਕਮ ਵਿਚ ਤੁਰੇਂ, ਜਿਵੇਂ ਨਚਾਏ ਤਿਵੇਂ ਨੱਚੇਂ । ਅੰਤੇ—ਅਖ਼ੀਰ ਵੇਲੇ । ਜਮ ਭਉ—ਮੌਤ ਦਾ ਡਰ ।ਰਹਾਉ।

ਨਚਾਏ—ਮਰਜ਼ੀ ਵਿਚ ਤੋਰੇ, ਇਸ਼ਾਰਿਆਂ ਤੇ ਚਲਾਏ । ਕਹੀਐ—ਆਖਿਆ ਜਾਂਦਾ ਹੈ । ਆਪੇ—ਆਪ ਹੀ । ਮਾਰਗਿ—(ਸਹੀ) ਰਸਤੇ ਉਤੇ ।੨।

ਅਨਦਿਨੁ—ਹਰ ਰੋਜ਼, ਹਰ ਵੇਲੇ । ਨਾਚੈ—ਨੱਚਦਾ ਹੈ, (ਪਰਮਾਤਮਾ ਦੇ ਇਸ਼ਾਰਿਆਂ ਤੇ) ਨੱਚਦਾ ਹੈ, ਪ੍ਰਭੂ ਦੀ ਰਜ਼ਾ ਵਿਚ ਤੁਰਦਾ ਹੈ । ਸਕਤਿ—ਮਾਇਆ (ਦਾ ਪ੍ਰਭਾਵ) । ਨਿਵਾਰੈ—ਦੂਰ ਕਰਦਾ ਹੈ । ਸਿਵ—ਕਲਿਆਣ-ਸਰੂਪ ਪਰਮਾਤਮਾ । ਸਿਵ ਘਰਿ—ਪ੍ਰਭੂ ਦੇ ਚਰਨਾਂ ਵਿਚ । ਨੀਦ—ਗ਼ਫ਼ਲਤ ਦੀ ਨੀਂਦ । ਅਵਰੋ—ਮਾਇਆ ਦਾ ਹੀ ਗੀਤ । ਮਨਮੁਖਿ—ਆਪਣੇ ਮਨ ਦੇ ਪਿਛੇ ਤੁਰਨ ਵਾਲਾ ਮਨੁੱਖ ।੩।

ਸੁਰਿਨਰ—ਦੇਵਤਾ-ਸੁਭਾਵ ਮਨੁੱਖ । ਵਿਰਤਿ—ਪ੍ਰਵਿਰਤੀ । ਵਿਰਤਿ ਪਖਿ—ਪ੍ਰਵਿਰਤੀ ਦੇ ਪੱਖ ਵਿਚ, ਦੁਨੀਆ ਦੀ ਕਿਰਤ-ਕਾਰ ਕਰਦੇ ਹੋਏ ਭੀ । ਕਰਮੀ—ਕਰਮਿ, (ਪਰਮਾਤਮਾ ਦੀ) ਕਿਰਪਾ ਨਾਲ । ਨਾਚੇ—(ਪ੍ਰਭੂ ਦੇ ਇਸ਼ਾਰਿਆਂ ਤੇ) ਨੱਚਦੇ ਆ ਰਹੇ ਹਨ, ਰਜ਼ਾ ਵਿਚ ਤੁਰਦੇ ਹਨ । ਮੁਨਿਜਨ—ਰਿਸ਼ੀ-ਮੁਨੀ ਲੋਕ । ਬੀਚਾਰੀ—ਵਿਚਾਰਵਾਨ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ ।੪।

ਤ੍ਰੈਗੁਣ—ਮਾਇਆ ਦੇ ਤਿੰਨ ਗੁਣ । ਖਾਣੀ ਚਾਰੀ—ਚਾਰ ਖਾਣੀਆਂ ਦੇ ਜੀਵ (ਅੰਡਜ, ਜੇਰਜ, ਸੇਤਜ, ਉਤਭੁਜ) ।੫।

ਤੁਧੁ ਭਾਵਹਿ—ਤੈਨੂੰ ਚੰਗੇ ਲੱਗਦੇ ਹਨ । ਸੇਈ—ਉਹੀ ਬੰਦੇ । ਸਬਦਿ—ਸ਼ਬਦ ਦੀ ਰਾਹੀਂ । ਤਤੁ—ਜਗਤ ਦਾ ਮੂਲ-ਪ੍ਰਭੂ । ਗਿਆਨੀ—ਡੂੰਘੀ ਸਾਂਝ ਪਾਣ ਵਾਲੇ । ਕਉ—ਨੂੰ ।੬।

ਸਚੇ ਸਿਉ—ਸਦਾ ਕਾਇਮ ਰਹਿਣ ਵਾਲੇ ਹਰੀ ਨਾਲ । ਲਿਵ—ਲਗਨ । ਜੀਵਤੁ ਮਰੈ—ਜੀਊਂਦਾ ਮਰਦਾ ਹੈ, ਦੁਨੀਆ ਦੀ ਕਿਰਤ-ਕਾਰ ਕਰਦਾ ਹੋਇਆ ਮਾਇਆ ਦੇ ਮੋਹ ਵਲੋਂ ਅਛੋਹ ਹੋ ਜਾਂਦਾ ਹੈ ।੭।

ਕੈ ਅਰਥਿ—ਦੇ ਵਾਸਤੇ ।੮।

ਦਮੁ—ਸਾਹ । ਬਿਰਥਾ—ਵਿਅਰਥ । ਸਾਹਿ ਸਾਹਿ—ਹਰੇਕ ਸਾਹ ਦੇ ਨਾਲ । ਰਜਾਇ—ਹੁਕਮ ।੯।

ਸਹਜ—ਆਤਮਕ ਅਡੋਲਤਾ ।੧੦।

ਅਰਥ:- ਹੇ ਮਨ! ਗੁਰੂ ਦੀ ਹਜ਼ੂਰੀ ਵਿਚ ਨੱਚ (ਗੁਰੂ ਦੇ ਹੁਕਮ ਵਿਚ ਤੁਰ) । ਹੇ ਮਨ! ਜੇ ਤੂੰ ਉਵੇਂ ਨੱਚੇਂਗਾ ਜਿਵੇਂ ਗੁਰੂ ਨਚਾਏਗਾ (ਜੇ ਤੂੰ ਗੁਰੂ ਦੇ ਹੁਕਮ ਵਿਚ ਤੁਰੇਂਗਾ) ਤਾਂ ਆਨੰਦ ਮਾਣੇਂਗਾ, ਅਖ਼ੀਰ ਵੇਲੇ ਮੌਤ ਦਾ ਡਰ (ਭੀ ਤੈਥੋਂ ਦੂਰ) ਭੱਜ ਜਾਇਗਾ ।੧।ਰਹਾਉ।

(ਹੇ ਭਾਈ! ਰਾਸਧਾਰੀਏ ਰਾਸਾਂ ਪਾ ਪਾ ਕੇ ਨੱਚਦੇ ਹਨ ਤੇ ਭਗਤ ਅਖਵਾਂਦੇ ਹਨ) ਮੈਂ ਭੀ ਨੱਚਦਾ ਹਾਂ (ਪਰ ਸਰੀਰ ਨੂੰ ਨਚਾਣ ਦੇ ਥਾਂ) ਮੈਂ (ਆਪਣੇ) ਇਸ ਮਨ ਨੂੰ ਨਚਾਂਦਾ ਹਾਂ (ਭਾਵ,) ਗੁਰੂ ਦੀ ਕਿਰਪਾ ਨਾਲ (ਆਪਣੇ ਅੰਦਰੋਂ) ਮੈਂ ਆਪਾ-ਭਾਵ ਦੂਰ ਕਰਦਾ ਹਾਂ, (ਤੇ ਇਸ ਤਰ੍ਹਾਂ) ਮੈਂ ਜੇਹੜੀ ਇੱਛਾ ਕਰਦਾ ਹਾਂ (ਪਰਮਾਤਮਾ ਦੇ ਦਰ ਤੋਂ) ਉਹੀ ਫਲ ਪਾ ਲੈਂਦਾ ਹਾਂ । (ਹੇ ਭਾਈ! ਰਾਸਾਂ ਵਿਚ ਨੱਚਿਆਂ ਟੱਪਿਆਂ ਮੁਕਤੀ ਨਹੀਂ ਮਿਲਦੀ, ਨਾਹ ਹੀ ਭਗਤ ਬਣ ਸਕੀਦਾ ਹੈ) ਜੇਹੜਾ ਮਨੁੱਖ ਆਪਣੇ ਚਿੱਤ ਨੂੰ (ਪ੍ਰਭੂ-ਚਰਨਾਂ ਵਿਚ) ਅਡੋਲ ਰੱਖਦਾ ਹੈ ਉਹ ਮਾਇਆ ਦੇ ਬੰਧਨਾਂ ਤੋਂ ਖ਼ਲਾਸੀ (ਦਾ ਆਸਵੰਦ) ਹੋ ਜਾਂਦਾ ਹੈ ।੧।

ਹੇ ਭਾਈ! ਜਿਸ ਮਨੁੱਖ ਨੂੰ ਪਰਮਾਤਮਾ ਆਪਣੇ ਇਸ਼ਾਰਿਆਂ ਤੇ ਤੋਰਦਾ ਹੈ ਜਿਸ ਮਨੁੱਖ ਨੂੰ ਆਪਣੇ ਚਰਨਾਂ ਦਾ ਪਿਆਰ ਬਖ਼ਸ਼ਦਾ ਹੈ ਉਹ ਮਨੁੱਖ (ਅਸਲ) ਭਗਤ ਕਿਹਾ ਜਾ ਸਕਦਾ ਹੈ । ਪਰਮਾਤਮਾ ਆਪ ਹੀ (ਉਸ ਮਨੁੱਖ ਵਾਸਤੇ, ਰਜ਼ਾ ਵਿਚ ਤੁਰਨ ਦਾ ਗੀਤ) ਗਾਂਦਾ ਹੈ ਆਪ ਹੀ (ਇਹ ਗੀਤ ਉਸ

ਮਨੁੱਖ ਨੂੰ) ਸੁਣਾਂਦਾ ਹੈ, ਤੇ, ਮਾਇਆ ਦੇ ਮੋਹ ਵਿਚ ਅੰਨ੍ਹੇ ਹੋਏ ਇਸ ਮਨ ਨੂੰ ਸਹੀ ਜੀਵਨ-ਰਾਹ ਉਤੇ ਲਿਆਉਂਦਾ ਹੈ ।੨।

ਹੇ ਭਾਈ! ਜੇਹੜਾ ਮਨੁੱਖ ਹਰ ਵੇਲੇ ਪਰਮਾਤਮਾ ਦੀ ਰਜ਼ਾ ਵਿਚ ਤੁਰਦਾ ਹੈ ਉਹ (ਆਪਣੇ ਅੰਦਰੋਂ) ਮਾਇਆ (ਦਾ ਪ੍ਰਭਾਵ) ਦੂਰ ਕਰ ਲੈਂਦਾ ਹੈ । (ਹੇ ਭਾਈ!) ਕਲਿਆਣ-ਸਰੂਪ ਪ੍ਰਭੂ ਦੇ ਚਰਨਾਂ ਵਿਚ ਜੁੜਿਆਂ ਮਾਇਆ ਦੇ ਮੋਹ ਦੀ ਨੀਂਦ ਜ਼ੋਰ ਨਹੀਂ ਪਾ ਸਕਦੀ । ਜਗਤ ਮਾਇਆ ਦੇ ਮੋਹ ਵਿਚ ਸੁੱਤਾ ਹੋਇਆ (ਮਾਇਆ ਦੇ ਹੱਥਾਂ ਉੱਤੇ) ਨੱਚਦਾ ਟੱਪਦਾ ਰਹਿੰਦਾ ਹੈ (ਦੁਨੀਆ ਵਾਲੀ ਦੌੜ-ਭੱਜ ਕਰਦਾ ਰਹਿੰਦਾ ਹੈ) । (ਹੇ ਭਾਈ!) ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਪਾਸੋਂ ਪਰਮਾਤਮਾ ਦੀ ਭਗਤੀ ਨਹੀਂ ਹੋ ਸਕਦੀ ।੩।

ਹੇ ਭਾਈ! ਦੈਵੀ ਸੁਭਾਵ ਵਾਲੇ ਮਨੁੱਖ ਦੁਨੀਆ ਦੀ ਕਿਰਤ-ਕਾਰ ਕਰਦੇ ਹੋਏ ਭੀ, ਰਿਸ਼ੀ-ਮੁਨੀ ਲੋਕ ਆਤਮਕ ਜੀਵਨ ਦੀ ਸੂਝ ਨਾਲ ਵਿਚਾਰਵਾਨ ਹੋ ਕੇ, ਪਰਮਾਤਮਾ ਦੀ ਕਿਰਪਾ ਨਾਲ (ਪਰਮਾਤਮਾ ਦੀ ਰਜ਼ਾ ਵਿਚ ਤੁਰਨ ਵਾਲਾ) ਨਾਚ ਨੱਚਦੇ ਹਨ । ਆਤਮਕ ਜੀਵਨ ਦੀ ਭਾਲ ਵਾਸਤੇ ਸਾਧਨ ਕਰਨ ਵਾਲੇ ਜੇਹੜੇ ਮਨੁੱਖ ਗੁਰੂ ਦੀ ਰਾਹੀਂ ਸ੍ਰੇਸ਼ਟ ਬੁੱਧੀ ਪ੍ਰਾਪਤ ਕਰ ਕੇ ਵਿਚਾਰਵਾਨ ਹੋ ਜਾਂਦੇ ਹਨ ਉਹਨਾਂ ਦੀ ਸੁਰਤਿ ਪ੍ਰਭੂ-ਚਰਨਾਂ ਵਿਚ ਜੁੜੀ ਰਹਿੰਦੀ ਹੈ, ਉਹ (ਭੀ ਰਜ਼ਾ ਵਿਚ ਤੁਰਨ ਵਾਲਾ) ਨਾਚ ਨੱਚਦੇ ਹਨ ।੪।

ਹੇ ਪ੍ਰਭੂ! ਸਾਰੇ ਜੀਵ ਜੰਤ (ਮਾਇਆ ਦੇ ਹੱਥਾਂ ਤੇ) ਨੱਚ ਰਹੇ ਹਨ, ਚੌਹਾਂ ਖਾਣੀਆਂ ਦੇ ਜੀਵ ਨੱਚ ਰਹੇ ਹਨ, ਖੰਡਾਂ ਬ੍ਰਹਮੰਡਾਂ ਦੇ ਸਾਰੇ ਜੀਵ ਤ੍ਰਿਗੁਣੀ ਮਾਇਆ ਦੇ ਪ੍ਰਭਾਵ ਵਿਚ ਨੱਚ ਰਹੇ ਹਨ; ਪਰ, ਹੇ ਪ੍ਰਭੂ! ਜਿਨ੍ਹਾਂ ਨੂੰ ਤੇਰੇ ਚਰਨਾਂ ਦੀ ਲਗਨ ਲੱਗੀ ਹੈ ਉਹ ਤੇਰੀ ਰਜ਼ਾ ਵਿਚ ਤੁਰਨ ਦਾ ਨਾਚ ਨੱਚਦੇ ਹਨ ।੫।

ਹੇ ਪ੍ਰਭੂ! ਜੇਹੜੇ ਮਨੁੱਖ ਤੈਨੂੰ ਪਿਆਰੇ ਲੱਗਦੇ ਹਨ ਉਹੀ ਤੇਰੇ ਇਸ਼ਾਰਿਆਂ ਤੇ ਤੁਰਦੇ ਹਨ । ਹੇ ਭਾਈ! ਜਿਨ੍ਹਾਂ ਮਨੁੱਖਾਂ ਨੂੰ ਗੁਰੂ ਦੇ ਸਨਮੁਖ ਕਰ ਕੇ ਗੁਰੂ ਦੇ ਸ਼ਬਦ ਵਿਚ ਜੋੜ ਕੇ ਆਪਣੇ ਚਰਨਾਂ ਦੀ ਪ੍ਰੀਤਿ ਬਖ਼ਸ਼ਦਾ ਹੈਂ, ਜਿਨ੍ਹਾਂ ਨੂੰ ਆਪਣਾ ਭਾਣਾ ਮਿੱਠਾ ਕਰ ਕੇ ਮਨਾਂਦਾ ਹੈ ਉਹੀ ਮਨੁੱਖ ਅਸਲ ਭਗਤ ਹਨ (ਰਾਸਾਂ ਵਿਚ ਨੱਚਣ ਵਾਲੇ ਭਗਤ ਨਹੀਂ ਹਨ), ਉਹੀ ਮਨੁੱਖ ਸਾਰੇ ਜਗਤ ਦੇ ਮੂਲ ਪਰਮਾਤਮਾ ਨਾਲ ਡੂੰਘੀ ਸਾਂਝ ਪਾਈ ਰੱਖਦੇ ਹਨ ।੬।

ਹੇ ਭਾਈ! ਉਹੀ ਉੱਤਮ ਭਗਤੀ ਅਖਵਾ ਸਕਦੀ ਹੈ ਜਿਸ ਦੀ ਰਾਹੀਂ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨਾਲ ਪਿਆਰ ਬਣਿਆ ਰਹੇ । ਅਜੇਹੀ ਭਗਤੀ (ਗੁਰੂ ਦੀ ਦੱਸੀ) ਸੇਵਾ ਕਰਨ ਤੋਂ ਬਿਨਾ ਨਹੀਂ ਹੋ ਸਕਦੀ । ਜਦੋਂ ਮਨੁੱਖ ਦੁਨੀਆ ਦੀ ਕਿਰਤ-ਕਾਰ ਕਰਦਾ ਹੋਇਆ ਹੀ ਮਾਇਆ ਦੇ ਮੋਹ ਵਲੋਂ ਅਛੋਹ ਹੋ ਜਾਂਦਾ ਹੈ ਤਦੋਂ ਉਹ ਗੁਰੂ ਦੇ ਸ਼ਬਦ ਨੂੰ ਆਪਣੇ ਸੋਚ-ਮੰਡਲ ਵਿਚ ਟਿਕਾਈ ਰੱਖਦਾ ਹੈ, ਤਦੋਂ ਹੀ ਮਨੁੱਖ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦਾ ਮਿਲਾਪ ਹਾਸਲ ਕਰਦਾ ਹੈ ।੭।

ਹੇ ਭਾਈ! ਮਾਇਆ ਕਮਾਣ ਦੀ ਖ਼ਾਤਰ ਤਾਂ ਬਹੁਤ ਲੁਕਾਈ (ਮਾਇਆ ਦੇ ਹੱਥਾਂ ਉਤੇ) ਨੱਚ ਰਹੀ ਹੈ, ਕੋਈ ਵਿਰਲਾ ਮਨੁੱਖ ਹੈ ਜੇਹੜਾ ਅਸਲ ਆਤਮਕ ਜੀਵਨ ਨੂੰ ਪਛਾਣਦਾ ਹੈ ।

ਹੇ ਪ੍ਰਭੂ! ਉਹੀ ਉਹੀ ਮਨੁੱਖ ਗੁਰੂ ਦੀ ਕਿਰਪਾ ਨਾਲ ਤੇਰਾ ਮਿਲਾਪ ਹਾਸਲ ਕਰਦਾ ਹੈ ਜਿਨ੍ਹਾਂ ਉਤੇ ਤੇਰੀ ਮੇਹਰ ਹੁੰਦੀ ਹੈ ।੮।

ਹੇ ਭਾਈ! ਜੇਹੜਾ ਭੀ ਇਕ ਸਾਹ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਭੁੱਲਿਆ ਰਹੇ ਉਹ ਸਮਾ

ਵਿਅਰਥ ਚਲਾ ਜਾਂਦਾ ਹੈ । ਹਰੇਕ ਸਾਹ ਦੇ ਨਾਲ ਸਦਾ ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾ ਰੱਖਣਾ ਚਾਹੀਦਾ ਹੈ । (ਪਰ ਇਹ ਉੱਦਮ ਉਹੀ ਮਨੁੱਖ ਕਰ ਸਕਦਾ ਹੈ ਜਿਸ ਉਤੇ) ਪਰਮਾਤਮਾ ਆਪ ਹੀ ਮੇਹਰ ਕਰ ਕੇ ਬਖ਼ਸ਼ਸ਼ ਕਰੇ ।੯।

ਹੇ ਪ੍ਰਭੂ! ਜੇਹੜੇ ਮਨੁੱਖ ਤੈਨੂੰ ਚੰਗੇ ਲੱਗਦੇ ਹਨ ਉਹੀ ਤੇਰੀ ਰਜ਼ਾ ਵਿਚ ਤੁਰਦੇ ਹਨ ਕਿਉਂਕਿ ਉਹ ਗੁਰੂ ਦੀ ਸਰਨ ਪੈ ਕੇ ਗੁਰੂ ਦੇ ਸ਼ਬਦ ਨੂੰ ਆਪਣੇ ਸੋਚ-ਮੰਡਲ ਵਿਚ ਟਿਕਾ ਲੈਂਦੇ ਹਨ । ਹੇ ਨਾਨਕ! ਆਖ—(ਹੇ ਪ੍ਰਭੂ!) ਜਿਨ੍ਹਾਂ ਉੱਤੇ ਤੇਰੀ ਮੇਹਰ ਦੀ ਨਜ਼ਰ ਪੈਂਦੀ ਹੈ ਉਹ ਮਨੁੱਖ ਆਤਮਕ ਅਡੋਲਤਾ ਦਾ ਆਨੰਦ ਮਾਣਦੇ ਹਨ ।੧੦।੧।੬।

ਅਸ਼ਟਪਦੀ ਮ: ੩ — — ੧
ਅਸ਼ਟਪਦੀਆ ਮ: ੧ — ੫
. . . . ——
. . . . . . ਜੋੜ . . . ੬

ਗੂਜਰੀ ਮਹਲਾ ੪ ਘਰੁ ੨ ੧ੴ ਸਤਿਗੁਰ ਪ੍ਰਸਾਦਿ ॥ ਹਰਿ ਬਿਨੁ ਜੀਅਰਾ ਰਹਿ ਨ ਸਕੈ ਜਿਉ ਬਾਲਕੁ ਖੀਰ ਅਧਾਰੀ ॥ ਅਗਮ ਅਗੋਚਰ ਪ੍ਰਭੁ ਗੁਰਮੁਖਿ ਪਾਈਐ ਅਪੁਨੇ ਸਤਿਗੁਰ ਕੈ ਬਲਿਹਾਰੀ ॥੧॥ ਮਨ ਰੇ ਹਰਿ ਕੀਰਤਿ ਤਰੁ ਤਾਰੀ ॥ ਗੁਰਮੁਖਿ ਨਾਮੁ ਅੰਮ੍ਰਿਤ ਜਲੁ ਪਾਈਐ ਜਿਨ ਕਉ ਕ੍ਰਿਪਾ ਤੁਮਾਰੀ ॥ ਰਹਾਉ ॥ ਸਨਕ ਸਨੰਦਨ ਨਾਰਦ ਮੁਨਿ ਸੇਵਹਿ ਅਨਦਿਨੁ ਜਪਤ ਰਹਹਿ ਬਨਵਾਰੀ ॥ ਸਰਣਾਗਤਿ ਪ੍ਰਹਲਾਦ ਜਨ ਆਏ ਤਿਨ ਕੀ ਪੈਜ ਸਵਾਰੀ ॥੨॥ ਅਲਖ ਨਿਰੰਜਨੁ ਏਕੋ ਵਰਤੈ ਏਕਾ ਜੋਤਿ ਮੁਰਾਰੀ ॥ ਸਭਿ ਜਾਚਿਕ ਤੂ ਏਕੋ ਦਾਤਾ ਮਾਗਹਿ ਹਾਥ ਪਸਾਰੀ ॥੩॥ ਭਗਤ ਜਨਾ ਕੀ ਊਤਮ ਬਾਣੀ ਗਾਵਹਿ ਅਕਥ ਕਥਾ ਨਿਤ ਨਿਆਰੀ ॥ ਸਫਲ ਜਨਮੁ ਭਇਆ ਤਿਨ ਕੇਰਾ ਆਪਿ ਤਰੇ ਕੁਲ ਤਾਰੀ ॥੪॥ ਮਨਮੁਖ ਦੁਬਿਧਾ ਦੁਰਮਤਿ ਬਿਆਪੇ ਜਿਨ ਅੰਤਰਿ ਮੋਹ ਗੁਬਾਰੀ ॥ ਸੰਤ ਜਨਾ ਕੀ ਕਥਾ ਨ ਭਾਵੈ ਓਇ ਡੂਬੇ ਸਣੁ ਪਰਵਾਰੀ ॥੫॥ ਨਿੰਦਕੁ ਨਿੰਦਾ ਕਰਿ ਮਲੁ ਧੋਵੈ ਓਹੁ ਮਲਭਖੁ ਮਾਇਆਧਾਰੀ ॥ ਸੰਤ ਜਨਾ ਕੀ ਨਿੰਦਾ ਵਿਆਪੇ ਨਾ ਉਰਵਾਰਿ ਨ ਪਾਰੀ ॥੬॥ ਏਹੁ ਪਰਪੰਚੁ ਖੇਲੁ ਕੀਆ ਸਭੁ ਕਰਤੈ ਹਰਿ ਕਰਤੈ ਸਭ ਕਲ ਧਾਰੀ ॥ ਹਰਿ ਏਕੋ ਸੂਤੁ ਵਰਤੈ ਜੁਗ ਅੰਤਰਿ ਸੂਤੁ ਖਿੰਚੈ ਏਕੰਕਾਰੀ ॥੭॥ ਰਸਨਿ ਰਸਨਿ ਰਸਿ ਗਾਵਹਿ ਹਰਿ ਗੁਣ ਰਸਨਾ ਹਰਿ ਰਸੁ ਧਾਰੀ ॥ ਨਾਨਕ ਹਰਿ ਬਿਨੁ ਅਵਰੁ ਨ ਮਾਗਉ ਹਰਿ ਰਸ ਪ੍ਰੀਤਿ ਪਿਆਰੀ ॥੮॥੧॥੭॥ {ਪੰਨਾ 506-507}

ਪਦਅਰਥ:- ਜੀਅਰਾ—ਕਮਜ਼ੋਰ ਜਿੰਦ । ਖੀਰ—ਦੁੱਧ । ਅਧਾਰ—ਆਸਰਾ । ਖੀਰ ਅਧਾਰੀ—ਖੀਰ ਅਧਾਰਿ, ਦੁੱਧ ਦੇ ਸਹਾਰੇ ਤੇ । ਅਗਮ—ਅਪਹੁੰਚ । ਅਗੋਚਰ—{ਅ-ਗੋ-ਚ-ਰ} ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ । ਗੁਰਮੁਖਿ—ਗੁਰੂ ਵਲ ਮੂੰਹ ਕੀਤਿਆਂ, ਗੁਰੂ ਦੀ ਸਰਨ ਪਿਆਂ । ਕੈ—ਤੋਂ ।੧।

ਕੀਰਤਿ—ਸਿਫ਼ਤਿ-ਸਾਲਾਹ । ਤਰੁ ਤਾਰੀ—ਤਾਰੀ ਤਰ, ਪਾਰ ਲੰਘਣ ਦਾ ਉੱਦਮ ਕਰ । ਅੰਮ੍ਰਿਤ ਜਲੁ—ਆਤਮਕ ਜੀਵਨ ਦੇਣ ਵਾਲਾ ਜਲ ।ਰਹਾਉ।

ਸੇਵਹਿ—ਸੇਵਾ-ਭਗਤੀ ਕਰਦੇ ਹਨ । ਅਨਦਿਨੁ—ਹਰ ਰੋਜ਼ । ਬਨਵਾਰੀ—ਜਗਤ ਦਾ ਮਾਲਕ ਪ੍ਰਭੂ । ਪੈਜ—ਇੱਜ਼ਤ । ਸਵਾਰੀ—ਬਣਾਈ ਰੱਖੀ ।੨।

ਅਲਖ—ਅਦ੍ਰਿਸ਼ਟ । ਨਿਰੰਜਨੁ—{ਨਿਰ-ਅੰਜਨ} ਮਾਇਆ-ਕਾਲਖ ਤੋਂ ਰਹਿਤ, ਨਿਰਲੇਪ । ਜਾਚਿਕ—ਮੰਗਤੇ । ਪਸਾਰੀ—ਪਸਾਰਿ, ਪਸਾਰ ਕੇ, ਖਿਲਾਰ ਕੇ ।੩।

ਅਕਥ—ਜਿਸ ਦਾ ਸਹੀ ਸਰੂਪ ਬਿਆਨ ਨਾਹ ਕੀਤਾ ਜਾ ਸਕੇ । ਨਿਆਰੀ—ਅਨੋਖੀ । ਕੇਰਾ—ਦਾ । ਤਾਰੀ—ਤਾਰ ਲਈ ।੪।

ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ । ਦੁਬਿਧਾ—ਡਾਵਾਂਡੋਲ ਹਾਲਤ । ਬਿਆਪੇ—ਫਸੇ ਰਹਿੰਦੇ ਹਨ । ਗੁਬਾਰੀ—ਹਨੇਰਾ । ਨ ਭਾਵੈ—ਚੰਗੀ ਨਹੀਂ ਲੱਗਦੀ । ਓਇ—{ਲਫ਼ਜ਼ 'ਓਹ' ਤੋਂ ਬਹੁ-ਵਚਨ} । ਸਣੁ—ਸਮੇਤ ।੫।

ਕਰਿ—ਕਰ ਕੇ । ਧੋਵੈ—ਧੋਂਦਾ ਹੈ । ਮਲਭਖੁ—ਮੈਲ ਖਾਣ ਵਾਲਾ ।੬।

ਪਰਪੰਚ—ਜਗਤ-ਖਿਲਾਰਾ । ਕਰਤੈ—ਕਰਤਾਰ ਨੇ । ਕਲ—ਸੱਤਾ, ਤਾਕਤ । ਜੁਗ ਅੰਤਰਿ—ਜਗਤ ਵਿਚ । {ਨੋਟ:- ਪਾਠਕ ਧਿਆਨ ਰੱਖੇ । ਲਫ਼ਜ਼ 'ਜੁਗ' ਕਲਿਜੁਗ ਆਦਿਕ ਕਿਸੇ 'ਜੁਗ' ਵਾਸਤੇ ਨਹੀਂ ਫਬ ਸਕਦਾ} । ਖਿੰਚੈ—ਖਿੱਚ ਲੈਂਦਾ ਹੈ ।੭।

ਰਸਨਿ ਰਸਨਿ ਰਸਿ—ਪ੍ਰੇਮ ਨਾਲ, ਪ੍ਰੇਮ ਨਾਲ, ਪ੍ਰੇਮ ਨਾਲ । ਰਸਨਾ—ਜੀਭ । ਮਾਗਉ—ਮਾਗਉਂ, ਮੈਂ ਮੰਗਦਾ ਹਾਂ ।੮।

ਅਰਥ:- ਹੇ (ਮੇਰੇ) ਮਨ! ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਰਾਹੀਂ (ਸੰਸਾਰ-ਸਮੁੰਦਰ ਤੋਂ) ਪਾਰ ਲੰਘਣ ਦਾ ਜਤਨ ਕਰਿਆ ਕਰ । ਹੇ ਮਨ! ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ-ਜਲ ਗੁਰੂ ਦੀ ਸਰਨ ਪਿਆਂ ਮਿਲਦਾ ਹੈ । (ਪਰ, ਹੇ ਪ੍ਰਭੂ! ਤੇਰਾ ਨਾਮ-ਜਲ ਉਹਨਾਂ ਨੂੰ ਹੀ ਮਿਲਦਾ ਹੈ) ਜਿਨ੍ਹਾਂ ਉਤੇ ਤੇਰੀ ਕਿਰਪਾ ਹੋਵੇ ।ਰਹਾਉ।

ਹੇ ਭਾਈ! ਮੇਰੀ ਕਮਜ਼ੋਰ ਜਿੰਦ ਪਰਮਾਤਮਾ (ਦੇ ਮਿਲਾਪ) ਤੋਂ ਬਿਨਾ ਧੀਰਜ ਨਹੀਂ ਫੜ ਸਕਦੀ, ਜਿਵੇਂ ਛੋਟਾ ਬਾਲ ਦੁੱਧ ਦੇ ਸਹਾਰੇ ਹੀ ਰਹਿ ਸਕਦਾ ਹੈ । ਹੇ ਭਾਈ! ਉਹ ਪ੍ਰਭੂ, ਜੋ ਅਪਹੁੰਚ ਹੈ (ਜਿਸ ਤਕ ਜੀਵ ਆਪਣੀ ਸਿਆਣਪ ਦੇ ਬਲ ਨਾਲ ਨਹੀਂ ਪਹੁੰਚ ਸਕਦਾ), ਜਿਸ ਤਕ ਮਨੁੱਖ ਦੇ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ, ਗੁਰੂ ਦੀ ਸਰਨ ਪਿਆਂ ਹੀ ਮਿਲਦਾ ਹੈ, (ਇਸ ਵਾਸਤੇ) ਮੈਂ ਆਪਣੇ ਗੁਰੂ ਤੋਂ (ਸਦਾ) ਸਦਕੇ ਜਾਂਦਾ ਹਾਂ ।੧।

(ਹੇ ਭਾਈ! ਇਸ ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਵਾਸਤੇ) ਸਨਕ ਸਨੰਦਨ (ਆਦਿਕ ਰਿਸ਼ੀ) ਨਾਰਦ (ਆਦਿਕ) ਮੁਨੀ ਜਗਤ ਦੇ ਮਾਲਕ-ਪ੍ਰਭੂ ਦੀ ਹੀ ਸੇਵਾ-ਭਗਤੀ ਕਰਦੇ (ਰਹੇ) ਹਨ, ਹਰ ਵੇਲੇ (ਪ੍ਰਭੂ ਦਾ ਨਾਮ ਹੀ) ਜਪਦੇ (ਰਹੇ) ਹਨ । ਪ੍ਰਹਲਾਦ (ਆਦਿਕ ਜੇਹੜੇ ਜੇਹੜੇ) ਭਗਤ ਪਰਮਾਤਮਾ ਦੀ ਸਰਨ ਆਏ, ਪਰਮਾਤਮਾ ਉਹਨਾਂ ਦੀ ਇੱਜ਼ਤ ਬਚਾਂਦਾ ਰਿਹਾ ।੨।

ਹੇ ਭਾਈ! ਸਾਰੇ ਜਗਤ ਵਿਚ ਇਕ ਅਦ੍ਰਿਸ਼ਟ ਤੇ ਨਿਰਲੇਪ ਪਰਮਾਤਮਾ ਹੀ ਵੱਸ ਰਿਹਾ ਹੈ, ਸਾਰੇ ਸੰਸਾਰ

ਵਿਚ ਪਰਮਾਤਮਾ ਦਾ ਹੀ ਨੂਰ ਪ੍ਰਕਾਸ਼ ਕਰ ਰਿਹਾ ਹੈ ।

ਹੇ ਪ੍ਰਭੂ! ਇਕ ਤੂੰ ਹੀ (ਸਭ ਜੀਵਾਂ ਨੂੰ) ਦਾਤਾਂ ਦੇਣ ਵਾਲਾ ਹੈਂ, ਸਾਰੇ ਜੀਵ (ਤੇਰੇ ਦਰ ਤੇ) ਮੰਗਤੇ ਹਨ (ਤੇਰੇ ਅੱਗੇ) ਹੱਥ ਖਿਲਾਰ ਕੇ ਮੰਗ ਰਹੇ ਹਨ ।੩।

ਹੇ ਭਾਈ! ਪਰਮਾਤਮਾ ਦੀ ਭਗਤੀ ਕਰਨ ਵਾਲੇ ਬੰਦਿਆਂ ਦੇ ਬਚਨ ਅਮੋਲਕ ਹੋ ਜਾਂਦੇ ਹਨ, ਉਹ ਸਦਾ ਉਸ ਪਰਮਾਤਮਾ ਦੀ ਅਨੋਖੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦੇ ਰਹਿੰਦੇ ਹਨ ਜਿਸ ਦਾ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ, (ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ) ਉਹਨਾਂ ਦਾ ਮਨੁੱਖਾ ਜਨਮ ਕਾਮਯਾਬ ਹੋ ਜਾਂਦਾ ਹੈ, ਉਹ ਆਪ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੇ ਹਨ, ਆਪਣੀਆਂ ਕੁਲਾਂ ਨੂੰ ਭੀ ਲੰਘਾ ਲੈਂਦੇ ਹਨ ।੪।

ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦੁਚਿੱਤਾ-ਪਨ ਵਿਚ ਤੇ ਭੈੜੀ ਮਤਿ (ਦੇ ਪ੍ਰਭਾਵ) ਵਿਚ ਫਸੇ ਰਹਿੰਦੇ ਹਨ, ਕਿਉਂਕਿ ਉਹਨਾਂ ਦੇ ਹਿਰਦੇ ਵਿਚ (ਮਾਇਆ ਦੇ) ਮੋਹ ਦਾ ਹਨੇਰਾ ਪਿਆ ਰਹਿੰਦਾ ਹੈ । (ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦਿਆਂ ਨੂੰ) ਸੰਤ ਜਨਾਂ ਦੀ (ਕੀਤੀ ਹੋਈ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ) ਗੱਲ ਨਹੀਂ ਸੁਖਾਂਦੀ (ਇਸ ਵਾਸਤੇ) ਉਹ ਆਪਣੇ ਪਰਵਾਰ ਸਮੇਤ (ਵਿਕਾਰ-ਭਰੇ ਸੰਸਾਰ-ਸਮੁੰਦਰ ਵਿਚ) ਡੁੱਬ ਜਾਂਦੇ ਹਨ ।੫।

ਹੇ ਭਾਈ! ਨਿੰਦਾ ਕਰਨ ਵਾਲਾ ਮਨੁੱਖ (ਦੂਜਿਆਂ ਦੀ) ਨਿੰਦਾ ਕਰ ਕਰ ਕੇ (ਉਹਨਾਂ ਦੇ ਕੀਤੇ ਮੰਦ-ਕਰਮਾਂ ਦੀ) ਮੈਲ ਤਾਂ ਧੋ ਦੇਂਦਾ ਹੈ, ਪਰ ਉਹ ਆਪ ਮਾਇਆ-ਵੇੜ੍ਹਿਆ ਮਨੁੱਖ ਪਰਾਈ ਮੈਲ ਖਾਣ ਦਾ ਆਦੀ ਬਣ ਜਾਂਦਾ ਹੈ । ਹੇ ਭਾਈ! ਜੇਹੜੇ ਮਨੁੱਖ ਸੰਤ ਜਨਾਂ ਦੀ ਨਿੰਦਾ ਕਰਨ ਵਿਚ ਫਸੇ ਰਹਿੰਦੇ ਹਨ ਉਹ (ਇਸ ਨਿੰਦਾ ਦੇ ਸਮੁੰਦਰ ਵਿਚੋਂ) ਨਾਹ ਉਰਲੇ ਪਾਸੇ ਆ ਸਕਦੇ ਹਨ, ਨਾਹ ਪਰਲੇ ਪਾਸੇ ਲੰਘ ਸਕਦੇ ਹਨ ।੬।

(ਪਰ, ਹੇ ਭਾਈ! ਜੀਵਾਂ ਦੇ ਭੀ ਕੀਹ ਵੱਸ)? ਇਹ ਸਾਰਾ ਜਗਤ-ਤਮਾਸ਼ਾ ਕਰਤਾਰ ਨੇ ਆਪ ਬਣਾਇਆ ਹੈ, ਕਰਤਾਰ ਨੇ ਹੀ ਇਸ ਵਿਚ ਆਪਣੀ ਸੱਤਾ ਟਿਕਾਈ ਹੋਈ ਹੈ । ਸਾਰੇ ਜਗਤ ਵਿਚ ਸਿਰਫ਼ ਪਰਮਾਤਮਾ ਦੀ ਸੱਤਾ ਦਾ ਧਾਗਾ ਪਸਰਿਆ ਹੋਇਆ ਹੈ, ਜਦੋਂ ਉਹ ਇਸ ਧਾਗੇ ਨੂੰ ਖਿੱਚ ਲੈਂਦਾ ਹੈ (ਤਾਂ ਜਗਤ-ਤਮਾਸ਼ਾ ਅਲੋਪ ਹੋ ਜਾਂਦਾ ਹੈ, ਤੇ) ਪਰਮਾਤਮਾ ਆਪ ਹੀ ਆਪ ਰਹਿ ਜਾਂਦਾ ਹੈ ।੭।

(ਹੇ ਭਾਈ! ਜੇਹੜੇ ਮਨੁੱਖ ਇਸ ਸੰਸਾਰ-ਸਮੁੰਦਰ ਤੋਂ ਸਹੀ ਸਲਾਮਤਿ ਪਾਰ ਲੰਘਣਾ ਚਾਹੁੰਦੇ ਹਨ ਉਹ) ਸਦਾ ਹੀ ਬੜੇ ਪ੍ਰੇਮ ਪਿਆਰ ਨਾਲ ਪਰਮਾਤਮਾ ਦੇ ਗੁਣ ਗਾਂਦੇ ਰਹਿੰਦੇ ਹਨ, ਉਹਨਾਂ ਦੀ ਜੀਭ ਪਰਮਾਤਮਾ ਦੇ ਨਾਮ-ਰਸ ਨੂੰ ਚੱਖਦੀ ਰਹਿੰਦੀ ਹੈ ।

ਹੇ ਨਾਨਕ! (ਆਖ—) ਮੈਂ ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਕੁਝ ਨਹੀਂ ਮੰਗਦਾ (ਮੈਂ ਇਹੀ ਚਾਹੁੰਦਾ ਹਾਂ ਕਿ) ਪਰਮਾਤਮਾ ਦੇ ਨਾਮ ਰਸ ਦੀ ਪ੍ਰੀਤਿ ਪਿਆਰੀ ਲੱਗਦੀ ਰਹੇ ।੮।੧।੭।

ਗੂਜਰੀ ਮਹਲਾ ੫ ਘਰੁ ੨ ੧ੴ ਸਤਿਗੁਰ ਪ੍ਰਸਾਦਿ ॥ ਰਾਜਨ ਮਹਿ ਤੂੰ ਰਾਜਾ ਕਹੀਅਹਿ ਭੂਮਨ ਮਹਿ ਭੂਮਾ ॥ ਠਾਕੁਰ ਮਹਿ ਠਕੁਰਾਈ ਤੇਰੀ ਕੋਮਨ ਸਿਰਿ ਕੋਮਾ ॥੧॥ ਪਿਤਾ ਮੇਰੋ ਬਡੋ ਧਨੀ ਅਗਮਾ ॥ ਉਸਤਤਿ ਕਵਨ ਕਰੀਜੈ ਕਰਤੇ ਪੇਖਿ ਰਹੇ ਬਿਸਮਾ ॥੧॥ ਰਹਾਉ ॥ ਸੁਖੀਅਨ ਮਹਿ ਸੁਖੀਆ ਤੂੰ ਕਹੀਅਹਿ ਦਾਤਨ ਸਿਰਿ ਦਾਤਾ ॥ ਤੇਜਨ ਮਹਿ ਤੇਜਵੰਸੀ

ਕਹੀਅਹਿ ਰਸੀਅਨ ਮਹਿ ਰਾਤਾ ॥੨॥ ਸੂਰਨ ਮਹਿ ਸੂਰਾ ਤੂੰ ਕਹੀਅਹਿ ਭੋਗਨ ਮਹਿ ਭੋਗੀ ॥ ਗ੍ਰਸਤਨ ਮਹਿ ਤੂੰ ਬਡੋ ਗ੍ਰਿਹਸਤੀ ਜੋਗਨ ਮਹਿ ਜੋਗੀ ॥੩॥ ਕਰਤਨ ਮਹਿ ਤੂੰ ਕਰਤਾ ਕਹੀਅਹਿ ਆਚਾਰਨ ਮਹਿ ਆਚਾਰੀ ॥ ਸਾਹਨ ਮਹਿ ਤੂੰ ਸਾਚਾ ਸਾਹਾ ਵਾਪਾਰਨ ਮਹਿ ਵਾਪਾਰੀ ॥੪॥ ਦਰਬਾਰਨ ਮਹਿ ਤੇਰੋ ਦਰਬਾਰਾ ਸਰਨ ਪਾਲਨ ਟੀਕਾ ॥ ਲਖਿਮੀ ਕੇਤਕ ਗਨੀ ਨ ਜਾਈਐ ਗਨਿ ਨ ਸਕਉ ਸੀਕਾ ॥੫॥ ਨਾਮਨ ਮਹਿ ਤੇਰੋ ਪ੍ਰਭ ਨਾਮਾ ਗਿਆਨਨ ਮਹਿ ਗਿਆਨੀ ॥ ਜੁਗਤਨ ਮਹਿ ਤੇਰੀ ਪ੍ਰਭ ਜੁਗਤਾ ਇਸਨਾਨਨ ਮਹਿ ਇਸਨਾਨੀ ॥੬॥ ਸਿਧਨ ਮਹਿ ਤੇਰੀ ਪ੍ਰਭ ਸਿਧਾ ਕਰਮਨ ਸਿਰਿ ਕਰਮਾ ॥ ਆਗਿਆ ਮਹਿ ਤੇਰੀ ਪ੍ਰਭ ਆਗਿਆ ਹੁਕਮਨ ਸਿਰਿ ਹੁਕਮਾ ॥੭॥ ਜਿਉ ਬੋਲਾਵਹਿ ਤਿਉ ਬੋਲਹ ਸੁਆਮੀ ਕੁਦਰਤਿ ਕਵਨ ਹਮਾਰੀ ॥ ਸਾਧਸੰਗਿ ਨਾਨਕ ਜਸੁ ਗਾਇਓ ਜੋ ਪ੍ਰਭ ਕੀ ਅਤਿ ਪਿਆਰੀ ॥੮॥੧॥੮॥ {ਪੰਨਾ 507}

ਪਦਅਰਥ:- ਕਹੀਅਹਿ—ਤੂੰ ਕਿਹਾ ਜਾਂਦਾ ਹੈਂ । ਭੂਮਾ—ਭੂਮੀ ਦਾ ਮਾਲਕ । ਠਾਕੁਰ—ਮਾਲਕ, ਸਰਦਾਰ । ਠਕੁਰਾਈ—ਸਰਦਾਰੀ । ਕੋਮਾ—(ਉੱਚੀ) ਕੁਲ ਵਾਲਾ । ਸਿਰਿ—ਸਿਰ ਉੱਤੇ, ਸ੍ਰੇਸ਼ਟ । ਕੋਮਨ ਸਿਰਿ—ਉੱਚੀ ਕੁਲ ਵਾਲਿਆਂ ਦੇ ਸਿਰ ਉੱਤੇ ।੧।

ਧਨੀ—ਮਾਲਕ । ਅਗਮਾ—ਅਪਹੁੰਚ । ਉਸਤਤਿ—ਵਡਿਆਈ । ਕਰਤੇ—ਹੇ ਕਰਤਾਰ! ਪੇਖਿ—ਵੇਖ ਕੇ । ਬਿਸਮਾ—ਹੈਰਾਨ ।੧।ਰਹਾਉ।

ਦਾਤਨ ਸਿਰਿ—ਦਾਤਿਆਂ ਦੇ ਸਿਰ ਉਤੇ, ਦਾਤਿਆਂ ਵਿਚ ਸ਼ਿਰੋਮਣੀ । ਤੇਜਨ ਮਹਿ—ਤੇਜ ਪ੍ਰਤਾਪ ਵਾਲਿਆਂ ਵਿਚ । ਰਸੀਅਨ ਮਹਿ—ਰਸ ਲੈਣ ਵਾਲਿਆਂ ਵਿਚ । ਰਾਤਾ—ਰੱਤਾ ਹੋਇਆ, ਰਸ ਵਿਚ ਮਸਤ ।੨।

ਸੂਰਾ—ਸੂਰਮਾ । ਭੋਗਨ ਮਹਿ—ਭੋਗਣ ਵਾਲਿਆਂ ਵਿਚ । ਜੋਗਨ ਮਹਿ—ਵਿਰਕਤਾਂ ਵਿਚ ।੩।

ਕਰਤਨ ਮਹਿ—ਨਵੇਂ ਕੰਮ ਕਰਨ ਵਾਲਿਆਂ ਵਿਚ । ਆਚਾਰਨ ਮਹਿ—ਧਾਰਮਿਕ ਰਸਮਾਂ ਕਰਨ ਵਾਲਿਆਂ ਵਿਚ ।੪।

ਸਰਨ ਪਾਲਨ ਟੀਕਾ—ਸਰਨ ਪਿਆਂ ਦੀ ਲਾਜ ਰੱਖਣ ਵਾਲਿਆਂ ਦਾ ਤੂੰ ਟਿੱਕਾ (ਸ਼ਿਰੋਮਣੀ) ਹੈਂ । ਕੇਤਕ—ਕਿਤਨੀ ਕੁ? ਬੇਅੰਤ । ਗਨਿ ਨ ਸਕਉ—ਮੈਂ ਗਿਣ ਨਹੀਂ ਸਕਦਾ । ਸੀਕਾ—ਸਿੱਕੇ, ਰੁਪਏ, ਖ਼ਜ਼ਾਨੇ ।੫।

ਨਾਮਨ ਮਨਿ—ਨਾਮਣੇ ਵਾਲਿਆਂ ਵਿਚ । ਨਾਮਾ—ਨਾਮਣਾ । ਜੁਗਤਨ ਮਹਿ—ਚੰਗੀ ਜੀਵਨ-ਜੁਗਤਿ ਵਾਲਿਆਂ ਵਿਚ ।੬।

ਸਿਧਨ ਮਹਿ—ਕਰਾਮਾਤੀ ਤਾਕਤਾਂ ਵਾਲਿਆਂ ਵਿਚ । ਸਿਧਾ—ਕਰਾਮਾਤੀ ਤਾਕਤ । ਕਰਮਨ ਸਿਰਿ—ਕਰਮ ਕਰਨ ਵਾਲਿਆਂ ਵਿਚ ਸ਼ਿਰੋਮਣੀ । ਆਗਿਆ—ਹੁਕਮ । ਹੁਕਮਨ ਸਿਰਿ—ਹੁਕਮ ਕਰਨ ਵਾਲਿਆਂ ਵਿਚ ਸ਼ਿਰੋਮਣੀ ।੭।

ਬੋਲਾਵਹਿ—ਤੂੰ ਬੁਲਾਂਦਾ ਹੈਂ । ਬੋਲਹ—ਅਸੀ ਬੋਲਦੇ ਹਾਂ । ਸੁਆਮੀ—ਹੇ ਸੁਆਮੀ! ਕੁਦਰਤਿ—ਤਾਕਤ

। ਸਾਧ ਸੰਗਿ—ਗੁਰੂ ਦੀ ਸੰਗਤਿ ਵਿਚ । ਗਾਇਓ—ਗਾਇਆ ।੮।

ਅਰਥ:- ਹੇ ਕਰਤਾਰ! ਤੂੰ ਮੇਰਾ ਪਿਤਾ ਹੈਂ, ਤੂੰ ਸਾਡੀ ਸਿਆਣਪ ਦੀ ਪਹੁੰਚ ਤੋਂ ਪਰੇ ਹੈਂ । ਹੇ ਕਰਤਾਰ! ਤੇਰੀ ਕੇਹੜੀ ਕੇਹੜੀ ਵਡਿਆਈ ਅਸੀ ਕਰੀਏ? (ਤੇਰੀ ਲੀਲਾ) ਵੇਖ ਵੇਖ ਕੇ ਅਸੀ ਹੈਰਾਨ ਹੋ ਰਹੇ ਹਾਂ ।੧।ਰਹਾਉ।

ਹੇ ਕਰਤਾਰ! (ਦੁਨੀਆ ਦੇ) ਰਾਜਿਆਂ ਵਿਚ ਤੂੰ (ਸ਼ਿਰੋਮਣੀ) ਰਾਜਾ ਅਖਵਾਂਦਾ ਹੈਂ, ਭੁਇੰ ਦੇ ਮਾਲਕਾਂ ਵਿਚ ਤੂੰ (ਸਭ ਤੋਂ ਵੱਡਾ) ਭੁਇੰ ਦਾ ਮਾਲਕ ਹੈਂ । ਹੇ ਕਰਤਾਰ! (ਦੁਨੀਆ ਦੇ) ਸਰਦਾਰਾਂ ਵਿਚ ਤੇਰੀ ਸਰਦਾਰੀ (ਸਭ ਤੋਂ ਵੱਡੀ) ਹੈ, ਉੱਚੀ ਕੁਲ ਵਾਲਿਆਂ ਵਿਚ ਤੂੰ ਸ਼ਿਰੋਮਣੀ ਕੁਲ ਵਾਲਾ ਹੈਂ ।੧।

ਹੇ ਕਰਤਾਰ! (ਦੁਨੀਆ ਦੇ) ਸੁਖੀ ਲੋਕਾਂ ਵਿਚ ਤੂੰ (ਸ਼ਿਰੋਮਣੀ) ਸੁਖੀ ਕਿਹਾ ਜਾ ਸਕਦਾ ਹੈਂ, ਦਾਨੀਆਂ ਵਿਚ ਤੂੰ ਹੀ (ਸ਼ਿਰੋਮਣੀ) ਤੇਜਸ੍ਵੀ ਕਹਾ ਸਕਦਾ ਹੈਂ (ਦੁਨੀਆ ਦੇ) ਰਸ ਮਾਣਨ ਵਾਲਿਆਂ ਵਿਚ ਤੂੰ ਸ਼ਿਰੋਮਣੀ ਰਸੀਆ ਹੈਂ ।੨।

ਹੇ ਕਰਤਾਰ! ਸੂਰਮਿਆਂ ਵਿਚ ਤੂੰ ਸ਼ਿਰੋਮਣੀ ਸੂਰਮਾ ਅਖਵਾਣ ਦਾ ਹੱਕਦਾਰ ਹੈਂ, (ਦੁਨੀਆ ਦੇ ਸਭ ਜੀਵਾਂ ਵਿਚ ਵਿਆਪਕ ਹੋਣ ਕਰ ਕੇ) ਭੋਗੀਆਂ ਵਿਚ ਤੂੰ ਹੀ ਭੋਗੀ ਹੈਂ । ਗ੍ਰਿਹਸਤੀਆਂ ਵਿਚ ਤੂੰ ਸਭ ਤੋਂ ਵੱਡਾ ਗ੍ਰਿਹਸਤੀ ਹੈਂ (ਜਿਸ ਦਾ ਇਤਨਾ ਵੱਡਾ ਸੰਸਾਰ-ਟੱਬਰ ਹੈ), ਜੋਗੀਆਂ ਵਿਚ ਤੂੰ ਸ਼ਿਰੋਮਣੀ ਜੋਗੀ ਹੈਂ (ਇਤਨੇ ਵੱਡੇ ਪਰਵਾਰ ਵਾਲਾ ਹੁੰਦਿਆਂ ਭੀ ਨਿਰਲੇਪ ਹੈਂ) ।੩।

ਹੇ ਕਰਤਾਰ! ਨਵੇਂ ਕੰਮ ਕਰਨ ਵਾਲੇ ਸਿਆਣਿਆਂ ਵਿਚ ਤੂੰ ਸ਼ਿਰੋਮਣੀ ਰਚਨਹਾਰ ਹੈ; ਧਾਰਮਿਕ ਰਸਮਾਂ ਕਰਨ ਵਾਲਿਆਂ ਵਿਚ ਭੀ ਤੂੰ ਹੀ ਸ਼ਿਰੋਮਣੀ ਹੈਂ । ਹੇ ਕਰਤਾਰ! (ਦੁਨੀਆ ਦੇ) ਸਾਹੂਕਾਰਾਂ ਵਿਚ ਤੂੰ ਸਦਾ ਕਾਇਮ ਰਹਿਣ ਵਾਲਾ (ਸ਼ਿਰੋਮਣੀ) ਸਾਹੂਕਾਰ ਹੈਂ, ਤੇ ਵਾਪਾਰੀਆਂ ਵਿਚ ਤੂੰ ਵੱਡਾ ਵਾਪਾਰੀ ਹੈਂ (ਜਿਸ ਨੇ ਇਤਨਾ ਵੱਡਾ ਜਗਤ-ਪਸਾਰਾ ਪਸਾਰਿਆ ਹੋਇਆ ਹੈ) ।੪।

ਹੇ ਕਰਤਾਰ! (ਦੁਨੀਆ ਦੇ) ਦਰਬਾਰ ਲਾਣ ਵਾਲਿਆਂ ਵਿਚ ਤੇਰਾ ਦਰਬਾਰ ਸ਼ਿਰੋਮਣੀ ਹੈ, ਸਰਨ ਪਿਆਂ ਦੀ ਲਾਜ ਰੱਖਣ ਵਾਲਿਆਂ ਦਾ ਤੂੰ ਸ਼ਿਰੋਮਣੀ ਟਿੱਕਾ ਹੈਂ । ਹੇ ਕਰਤਾਰ! ਤੇਰੇ ਘਰ ਵਿਚ ਕਿਤਨੀ ਕੁ ਮਾਇਆ ਹੈ—ਇਸ ਦਾ ਅੰਦਾਜ਼ਾ ਨਹੀਂ ਲਾਇਆ ਜਾ ਸਕਦਾ । ਮੈਂ ਤੇਰੇ ਖ਼ਜ਼ਾਨੇ ਗਿਣ ਨਹੀਂ ਸਕਦਾ ।੫।

ਹੇ ਪ੍ਰਭੂ! (ਦੁਨੀਆ ਦੇ) ਵਡਿਆਈ-ਨਾਮਣੇ ਵਾਲਿਆਂ ਵਿਚੋਂ ਤੇਰਾ ਨਾਮਣਾ ਸ਼ਿਰੋਮਣੀ ਹੈ, ਤੇ ਗਿਆਨਵਾਨਾਂ ਵਿਚ ਤੂੰ ਹੀ ਸ਼ਿਰੋਮਣੀ ਗਿਆਨੀ ਹੈਂ । ਹੇ ਪ੍ਰਭੂ! ਚੰਗੀ ਜੀਵਨ-ਜੁਗਤਿ ਵਾਲਿਆਂ ਵਿਚ ਤੇਰੀ ਜੁਗਤਿ ਸ੍ਰੇਸ਼ਟ ਹੈ, (ਦੁਨੀਆ ਦੇ ਤੀਰਥ-) ਇਸ਼ਨਾਨੀਆਂ ਵਿਚ ਤੂੰ ਸ਼ਿਰੋਮਣੀ ਇਸ਼ਨਾਨੀ ਹੈਂ (ਕਿਉਂਕਿ ਸਾਰੇ ਜਲਾਂ ਵਿਚ ਤੂੰ ਸਦਾ ਆਪ ਹੀ ਵੱਸ ਰਿਹਾ ਹੈਂ) ।੬।

ਹੇ ਪ੍ਰਭੂ! ਕਰਾਮਾਤੀ ਤਾਕਤਾਂ ਰੱਖਣ ਵਾਲਿਆਂ ਵਿਚ ਤੇਰੀ ਕਰਾਮਾਤੀ ਤਾਕਤ ਸ਼ਿਰੋਮਣੀ ਹੈ, ਕੰਮ ਕਰਨ ਵਾਲਿਆਂ ਵਿਚ ਤੂੰ ਸ਼ਿਰੋਮਣੀ ਉੱਦਮੀ ਹੈਂ । ਹੇ ਪ੍ਰਭੂ! (ਦੁਨੀਆ ਦੇ) ਇਖ਼ਤਿਆਰ ਵਾਲਿਆਂ ਵਿਚ ਤੇਰਾ ਇਖ਼ਤਿਆਰ ਸਭ ਤੋਂ ਵੱਡਾ ਹੈ, (ਦੁਨੀਆ ਦੇ) ਹੁਕਮ ਚਲਾਣ ਵਾਲਿਆਂ ਵਿਚ ਤੂੰ ਸ਼ਿਰੋਮਣੀ ਹਾਕਮ ਹੈਂ ।੭।

ਹੇ ਕਰਤਾਰ! ਹੇ ਸੁਆਮੀ! ਸਾਡੀ (ਤੇਰੇ ਪੈਦਾ ਕੀਤੇ ਹੋਏ ਜੀਵਾਂ ਦੀ) ਕੀਹ ਪਾਇਆਂ ਹੈ? ਜਿਵੇਂ ਤੂੰ ਸਾਨੂੰ ਬੁਲਾਂਦਾ ਹੈਂ ਉਸੇ ਤਰ੍ਹਾਂ ਅਸੀ ਬੋਲਦੇ ਹਾਂ ।

ਹੇ ਨਾਨਕ! (ਆਖ—ਕਰਤਾਰ ਦੀ ਪ੍ਰੇਰਨਾ ਨਾਲ ਹੀ ਮਨੁੱਖ ਨੇ) ਸਾਧ ਸੰਗਤਿ ਵਿਚ ਟਿਕ ਕੇ ਪ੍ਰਭੂ ਦੀ ਸਿਫ਼ਤਿ-ਸਾਲਾਹ ਕੀਤੀ ਹੈ, ਇਹ ਸਿਫ਼ਤਿ-ਸਾਲਾਹ ਪ੍ਰਭੂ ਨੂੰ ਬੜੀ ਪਿਆਰੀ ਲੱਗਦੀ ਹੈ ।੮।੧।੮।

ਗੂਜਰੀ ਮਹਲਾ ੫ ਘਰੁ ੪ ੴ ਸਤਿਗੁਰ ਪ੍ਰਸਾਦਿ ॥ ਨਾਥ ਨਰਹਰ ਦੀਨ ਬੰਧਵ ਪਤਿਤ ਪਾਵਨ ਦੇਵ ॥ ਭੈ ਤ੍ਰਾਸ ਨਾਸ ਕ੍ਰਿਪਾਲ ਗੁਣ ਨਿਧਿ ਸਫਲ ਸੁਆਮੀ ਸੇਵ ॥੧॥ ਹਰਿ ਗੋਪਾਲ ਗੁਰ ਗੋਬਿੰਦ ॥ ਚਰਣ ਸਰਣ ਦਇਆਲ ਕੇਸਵ ਤਾਰਿ ਜਗ ਭਵ ਸਿੰਧ ॥੧॥ ਰਹਾਉ ॥ ਕਾਮ ਕ੍ਰੋਧ ਹਰਨ ਮਦ ਮੋਹ ਦਹਨ ਮੁਰਾਰਿ ਮਨ ਮਕਰੰਦ ॥ ਜਨਮ ਮਰਣ ਨਿਵਾਰਿ ਧਰਣੀਧਰ ਪਤਿ ਰਾਖੁ ਪਰਮਾਨੰਦ ॥੨॥ ਜਲਤ ਅਨਿਕ ਤਰੰਗ ਮਾਇਆ ਗੁਰ ਗਿਆਨ ਹਰਿ ਰਿਦ ਮੰਤ ॥ ਛੇਦਿ ਅਹੰਬੁਧਿ ਕਰੁਣਾ ਮੈ ਚਿੰਤ ਮੇਟਿ ਪੁਰਖ ਅਨੰਤ ॥੩॥ ਸਿਮਰਿ ਸਮਰਥ ਪਲ ਮਹੂਰਤ ਪ੍ਰਭ ਧਿਆਨੁ ਸਹਜ ਸਮਾਧਿ ॥ ਦੀਨ ਦਇਆਲ ਪ੍ਰਸੰਨ ਪੂਰਨ ਜਾਚੀਐ ਰਜ ਸਾਧ ॥੪॥ ਮੋਹ ਮਿਥਨ ਦੁਰੰਤ ਆਸਾ ਬਾਸਨਾ ਬਿਕਾਰ ॥ ਰਖੁ ਧਰਮ ਭਰਮ ਬਿਦਾਰਿ ਮਨ ਤੇ ਉਧਰੁ ਹਰਿ ਨਿਰੰਕਾਰ ॥੫॥ ਧਨਾਢਿ ਆਢਿ ਭੰਡਾਰ ਹਰਿ ਨਿਧਿ ਹੋਤ ਜਿਨਾ ਨ ਚੀਰ ॥ ਖਲ ਮੁਗਧ ਮੂੜ ਕਟਾਖ੍ ਸ੍ਰੀਧਰ ਭਏ ਗੁਣ ਮਤਿ ਧੀਰ ॥੬॥ ਜੀਵਨ ਮੁਕਤ ਜਗਦੀਸ ਜਪਿ ਮਨ ਧਾਰਿ ਰਿਦ ਪਰਤੀਤਿ ॥ ਜੀਅ ਦਇਆ ਮਇਆ ਸਰਬਤ੍ਰ ਰਮਣੰ ਪਰਮ ਹੰਸਹ ਰੀਤਿ ॥੭॥ ਦੇਤ ਦਰਸਨੁ ਸ੍ਰਵਨ ਹਰਿ ਜਸੁ ਰਸਨ ਨਾਮ ਉਚਾਰ ॥ ਅੰਗ ਸੰਗ ਭਗਵਾਨ ਪਰਸਨ ਪ੍ਰਭ ਨਾਨਕ ਪਤਿਤ ਉਧਾਰ ॥੮॥੧॥੨॥੫॥੧॥੧॥੨॥੫੭॥ {ਪੰਨਾ 508}

ਪਦਅਰਥ:- ਨਾਥ—ਹੇ ਜਗਤ ਦੇ ਮਾਲਕ! ਨਰਹਰ—{nrhir ਨਰਸਿੰਘ} ਹੇ ਪਰਮਾਤਮਾ! ਦੇਵ—ਹੇ ਪ੍ਰਕਾਸ਼-ਰੂਪ! ਤ੍ਰਾਸ—ਡਰ, ਸਹਮ । ਭੈ—{ਲਫ਼ਜ਼ 'ਭਉ' ਤੋਂ ਬਹੁ-ਵਚਨ} । ਗੁਣ ਨਿਧਿ—ਹੇ ਗੁਣਾਂ ਦੇ ਖ਼ਜ਼ਾਨੇ । ਸਫਲ ਸੇਵ—ਜਿਸ ਦੀ ਸੇਵਾ ਭਗਤੀ ਫਲ ਦੇਣ ਵਾਲੀ ਹੈ ।੧।

ਗੁਰ—ਹੇ (ਸਭ ਤੋਂ) ਵੱਡੇ! ਕੇਸਵ—ਹੇ ਸੋਹਣੇ ਲੰਮੇ ਕੇਸਾਂ ਵਾਲੇ ਪਰਮਾਤਮਾ! ਭਵ ਸਿੰਧ—ਸੰਸਾਰ-ਸਮੁੰਦਰ । ਤਾਰਿ—ਪਾਰ ਲੰਘਾ ।੧।ਰਹਾਉ।

ਹਰਨ—ਦੂਰ ਕਰਨ ਵਾਲਾ । ਮਦ ਮੋਹ ਦਹਨ—ਹੇ ਮੋਹ ਦੀ ਮਸਤੀ ਸਾੜਨ ਵਾਲੇ! ਮਨ ਮਕਰੰਦ—ਹੇ ਮਨ ਨੂੰ ਸੁਗੰਧੀ ਦੇਣ ਵਾਲੇ! ਧਰਣੀ ਧਰ—ਹੇ ਧਰਤੀ ਦੇ ਸਹਾਰੇ! ਪਤਿ—ਇੱਜ਼ਤ । ਪਰਮਾਨੰਦ—ਹੇ ਸਭ ਤੋਂ ਉੱਚੇ ਆਨੰਦ ਦੇ ਮਾਲਕ! ।੨।

ਜਲਤ—ਸੜ ਰਿਹਾਂ ਨੂੰ । ਤਰੰਗ—ਲਹਿਰਾਂ । ਹਰਿ—ਹੇ ਹਰੀ! ਰਿਦ—ਹਿਰਦੇ ਵਿਚ । ਛੇਦਿ—ਨਾਸ ਕਰ । ਅਹੰਬੁਧਿ—ਹਉਮੈ । ਕਰੁਣਾ—ਤਰਸ! ਕਰੁਣਾ ਮੈ—ਹੇ ਤਰਸ-ਸਰੂਪ ਪ੍ਰਭੂ! ਪੁਰਖ ਅਨੰਤ—ਹੇ ਸਰਬ-ਵਿਆਪਕ ਬੇਅੰਤ ਪ੍ਰਭੂ! ।੩।

ਪਲ ਮਹੂਰਤ—ਹਰ ਪਲ, ਹਰ ਘੜੀ । ਸਹਜ—ਆਤਮਕ ਅਡੋਲਤਾ । ਜਾਚੀਐ—ਮੰਗਣੀ ਚਾਹੀਦੀ ਹੈ । ਰਜ—ਚਰਨ-ਧੂੜ । ਸਾਧ—ਸੰਤ-ਜਨ ।੪।

ਮਿਥਨ—ਝੂਠਾ । ਦੁਰੰਤ—ਭੈੜੇ ਅੰਤ ਵਾਲੀ । ਬਿਦਾਰਿ—ਨਾਸ ਕਰ । ਤੇ—ਤੋਂ । ਨਿਰੰਕਾਰ—ਹੇ

ਨਿਰੰਕਾਰ! ।੫।

ਆਢਿ—{AwFX} ਧਨਾਢ, ਧਨੀ । ਨਿਧਿ—ਖ਼ਜ਼ਾਨਾ । ਚੀਰ—ਕੱਪੜਾ । ਖਲ—ਮੂਰਖ । ਮੁਗਧ—ਮੂਰਖ । ਕਟਾਖੵ—ਨਿਗਾਹ । ਸ੍ਰੀਧਰ—ਲੱਛਮੀ-ਪਤੀ ।੬।

ਜੀਵਨ ਮੁਕਤ—ਦੁਨੀਆ ਦੇ ਕਾਰ-ਵਿਹਾਰ ਕਰਦਾ ਹੋਇਆ ਹੀ ਮਾਇਆ ਦੇ ਮੋਹ ਤੋਂ ਸੁਤੰਤਰ । ਮਨ—ਹੇ ਮਨ! ਪਰਤੀਤਿ—ਸਰਧਾ । ਮਇਆ—ਤਰਸ । ਸਰਬਤ੍ਰ ਰਮਣੰ—ਸਰਬ-ਵਿਆਪਕ । ਪਰਮ ਹੰਸਹ ਰੀਤਿ—ਸਭ ਤੋਂ ਉੱਚੇ ਹੰਸਾਂ ਦੀ ਜੀਵਨ-ਜੁਗਤਿ । ਹੰਸ—ਚੰਗੇ ਮੰਦੇ ਕੰਮ ਦਾ ਨਿਰਨਾ ਕਰ ਸਕਣ ਵਾਲਾ (ਜਿਵੇਂ ਹੰਸ ਦੁੱਧ ਤੇ ਪਾਣੀ ਨੂੰ ਵਖ ਵਖ ਕਰ ਲੈਂਦਾ ਹੈ) ।੭।

ਦੇਤ—ਦੇਂਦਾ ਹੈ । ਸ੍ਰਵਨ—ਕੰਨ । ਜਸੁ—ਸਿਫ਼ਤਿ-ਸਾਲਾਹ । ਰਸਨ—ਜੀਭ । ਪਰਸਨ—ਛੁਹ ।੮।

ਅਰਥ:- ਹੇ ਹਰੀ! ਹੇ ਗੋਪਾਲ! ਹੇ ਗੁਰ ਗੋਬਿੰਦ! ਹੇ ਦਇਆਲ! ਹੇ ਕੇਸ਼ਵ । ਆਪਣੇ ਚਰਨਾਂ ਦੀ ਸਰਨ ਵਿਚ ਰੱਖ ਕੇ ਮੈਨੂੰ ਇਸ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈ ।੧।ਰਹਾਉ।

ਹੇ ਜਗਤ ਦੇ ਮਾਲਕ! ਹੇ ਨਰਹਰ! ਹੇ ਦੀਨਾਂ ਦੇ ਸਹਾਈ! ਹੇ ਵਿਕਾਰੀਆਂ ਨੂੰ ਪਵਿਤ੍ਰ ਕਰਨ ਵਾਲੇ! ਹੇ ਚਾਨਣ-ਸਰੂਪ! ਹੇ ਸਾਰੇ ਡਰਾਂ ਸਹਮਾਂ ਦੇ ਨਾਸ ਕਰਨ ਵਾਲੇ! ਹੇ ਕ੍ਰਿਪਾਲ! ਹੇ ਗੁਣਾਂ ਦੇ ਖ਼ਜ਼ਾਨੇ! ਹੇ ਸੁਆਮੀ! ਤੇਰੀ ਸੇਵਾ-ਭਗਤੀ ਜੀਵਨ ਨੂੰ ਕਾਮਯਾਬ ਬਣਾ ਦੇਂਦੀ ਹੈ ।੧।

ਹੇ ਕਾਮ ਕ੍ਰੋਧ ਨੂੰ ਦੂਰ ਕਰਨ ਵਾਲੇ! ਹੇ ਮੋਹ ਦੇ ਨਸ਼ੇ ਨੂੰ ਸਾੜਨ ਵਾਲੇ! ਹੇ ਮਨ ਨੂੰ (ਜੀਵਨ-) ਸੁਗੰਧੀ ਦੇਣ ਵਾਲੇ ਮੁਰਾਰੀ-ਪ੍ਰਭੂ! ਹੇ ਧਰਤੀ ਦੇ ਆਸਰੇ! ਹੇ ਸਭ ਤੋਂ ਸ੍ਰੇਸ਼ਟ-ਆਨੰਦ ਦੇ ਮਾਲਕ! (ਜਗਤ ਦੇ ਵਿਕਾਰਾਂ ਵਿਚੋਂ ਮੇਰੀ) ਲਾਜ ਰੱਖ, ਮੇਰਾ ਜਨਮ ਮਰਨ ਦਾ ਗੇੜ ਮੁਕਾ ।੨।

ਹੇ ਹਰੀ! ਮਾਇਆ-ਅੱਗ ਦੀਆਂ ਬੇਅੰਤ ਲਹਿਰਾਂ ਵਿਚ ਸੜ ਰਹੇ ਜੀਵਾਂ ਦੇ ਹਿਰਦੇ ਵਿਚ ਗੁਰੂ ਦੇ ਗਿਆਨ ਦਾ ਮੰਤ੍ਰ ਟਿਕਾ । ਹੇ ਤਰਸ-ਸਰੂਪ ਹਰੀ! ਹੇ ਸਰਬ-ਵਿਆਪਕ ਬੇਅੰਤ ਪ੍ਰਭੂ! (ਸਾਡੀ) ਹਉਮੈ ਦੂਰ ਕਰ (ਸਾਡੇ ਹਿਰਦਿਆਂ ਵਿਚੋਂ) ਚਿੰਤਾ ਮਿਟਾ ਦੇ ।੩।

ਹੇ ਸਮਰਥ ਪ੍ਰਭੂ! ਹਰ ਪਲ ਹਰ ਘੜੀ (ਤੇਰਾ ਨਾਮ) ਸਿਮਰ ਕੇ ਮੈਂ ਆਪਣੀ ਸੁਰਤਿ ਆਤਮਕ ਅਡੋਲਤਾ ਦੀ ਸਮਾਧੀ ਵਿਚ ਜੋੜੀ ਰੱਖਾਂ । ਹੇ ਦੀਨਾਂ ਉਤੇ ਦਇਆ ਕਰਨ ਵਾਲੇ! ਹੇ ਸਦਾ ਖਿੜੇ ਰਹਿਣ ਵਾਲੇ! ਸਰਬ-ਵਿਆਪਕ! (ਤੇਰੇ ਦਰ ਤੋਂ ਤੇਰੇ) ਸੰਤ ਜਨਾਂ ਦੀ ਚਰਨ-ਧੂੜ (ਹੀ ਸਦਾ) ਮੰਗਣੀ ਚਾਹੀਦੀ ਹੈ ।੪।

ਹੇ ਹਰੀ! ਹੇ ਨਿਰੰਕਾਰ! ਮੈਨੂੰ (ਸੰਸਾਰ-ਸਮੁੰਦਰ ਤੋਂ) ਬਚਾ ਲੈ, ਮੇਰੇ ਮਨ ਤੋਂ ਭਟਕਣਾ ਦੂਰ ਕਰ ਦੇ । ਹੇ ਹਰੀ! ਝੂਠੇ ਮੋਹ ਤੋਂ, ਭੈੜੇ ਅੰਤ ਵਾਲੀ ਆਸਾ ਤੋਂ, ਵਿਕਾਰਾਂ ਦੀਆਂ ਵਾਸ਼ਨਾ ਤੋਂ, ਮੇਰੀ ਲਾਜ ਰੱਖ ।੫।

ਹੇ ਹਰੀ! ਜਿਨ੍ਹਾਂ ਪਾਸ (ਤਨ ਢੱਕਣ ਲਈ) ਕੱਪੜੇ ਦੀ ਲੀਰ ਭੀ ਨਹੀਂ ਹੁੰਦੀ, ਉਹ ਤੇਰੇ ਗੁਣਾਂ ਦੇ ਖ਼ਜ਼ਾਨੇ ਪ੍ਰਾਪਤ ਕਰ ਕੇ (ਮਾਨੋ) ਧਨੀਆਂ ਦੇ ਧਨੀ ਬਣ ਜਾਂਦੇ ਹਨ । ਹੇ ਲੱਛਮੀ-ਪਤੀ! ਮਹਾਂ ਮੂਰਖ ਤੇ ਦੁਸ਼ਟ ਤੇਰੀ ਮੇਹਰ ਦੀ ਨਿਗਾਹ ਨਾਲ ਗੁਣਾਂ ਵਾਲੇ, ਉੱਚੀ ਮਤਿ ਵਾਲੇ, ਧੀਰਜ ਵਾਲੇ ਬਣ ਜਾਂਦੇ ਹਨ ।੬।

ਹੇ ਮਨ! ਜੀਵਨ-ਮੁਕਤ ਕਰਨ ਵਾਲੇ ਜਗਦੀਸ਼ ਦਾ ਨਾਮ ਜਪ । ਹੇ ਭਾਈ! ਹਿਰਦੇ ਵਿਚ ਉਸ ਵਾਸਤੇ ਸਰਧਾ ਟਿਕਾ, ਸਭ ਜੀਵਾਂ ਨਾਲ ਦਇਆ ਪਿਆਰ ਵਾਲਾ ਸਲੂਕ ਰੱਖ, ਪਰਮਾਤਮਾ ਨੂੰ ਸਰਬ-ਵਿਆਪਕ ਜਾਣ—ਉੱਚੇ ਜੀਵਨ ਵਾਲੇ ਹੰਸ (-ਮਨੁੱਖਾਂ) ਦੀ ਇਹ ਜੀਵਨ-ਜੁਗਤਿ ਹੈ ।੭।

ਹੇ ਭਾਈ! ਪਰਮਾਤਮਾ ਆਪ ਹੀ ਆਪਣਾ ਦਰਸਨ ਬਖ਼ਸ਼ਦਾ ਹੈ, ਕੰਨਾਂ ਵਿਚ ਆਪਣੀ ਸਿਫ਼ਤਿ-ਸਾਲਾਹ ਦੇਂਦਾ ਹੈ, ਜੀਭ ਨੂੰ ਆਪਣੇ ਨਾਮ ਦਾ ਉਚਾਰਨ ਦੇਂਦਾ ਹੈ, ਸਦਾ ਅੰਗ-ਸੰਗ ਵੱਸਦਾ ਹੈ ।

ਹੇ ਨਾਨਕ! (ਆਖ—) ਹੇ ਹਰੀ! ਹੇ ਭਗਵਾਨ! ਤੇਰੀ ਛੁਹ ਵਿਕਾਰੀਆਂ ਦਾ ਭੀ ਪਾਰ-ਉਤਾਰਾ ਕਰਨ ਵਾਲੀ ਹੈ ।੮।੧।੨।੫।੧।੧।੨।੫੭।

ਗੂਜਰੀ ਕੀ ਵਾਰ ਮ: ੩ ॥

ਭਾਵ

ਪਉੜੀ ਵਾਰ:-

(੧) ਇਕ ਉਹ ਭੀ ਵਕਤ ਸੀ ਜਦੋਂ ਪ੍ਰਭੂ ਆਪ ਹੀ ਆਪ ਸੀ; ਸ੍ਰਿਸ਼ਟੀ ਦਾ ਵਜੂਦ ਨਹੀਂ ਸੀ ।

(੨) ਜੰਮਣ ਤੇ ਮਰਨ ਦਾ ਨਿਯਮ ਬਣਾ ਕੇ ਪ੍ਰਭੂ ਨੇ ਆਪਣੇ ਹੁਕਮ ਵਿਚ ਸ੍ਰਿਸ਼ਟੀ ਰਚੀ, ਆਪਣੀ ਜੋਤਿ ਇਸ ਵਿਚ ਟਿਕਾ ਦਿੱਤੀ; ਤ੍ਰਿਗੁਣੀ ਮਾਇਆ ਰਚ ਕੇ ਜੀਵਾਂ ਨੂੰ ਧੰਧੇ ਵਿਚ ਲਾ ਦਿੱਤਾ ।

(੩) ਇਸ ਤ੍ਰਿਗੁਣੀ ਮਾਇਆ ਦਾ ਮੋਹ ਬਹੁਤ ਡਾਢਾ ਹੈ ਤੇ ਪਾਪਾਂ ਦਾ ਮੂਲ ਹੈ । ਜੋ ਮਨੁੱਖ ਗੁਰ-ਸ਼ਬਦ ਦੀ ਰਾਹੀਂ ਭਗਤੀ ਕਰਦਾ ਹੈ ਉਹ ਨਿਰਮਲ ਰਹਿੰਦਾ ਹੈ ।

(੪) ਇਹ ਮੋਹ ਤੋਂ ਚਤੁਰਾਈ ਨਾਲ ਬਚਾਉ ਨਹੀਂ ਹੈ । ਜੋ ਗੁਰ-ਸ਼ਬਦ ਦੀ ਰਾਹੀਂ 'ਹਉਮੈ' ਗਵਾਂਦਾ ਹੈ ਉਹ ਪ੍ਰਭੂ ਵਿਚ ਮਿਲ ਜਾਂਦਾ ਹੈ ।

(੫) ਜੋ ਮਨੁੱਖ ਗੁਰੂ ਦੇ ਸਨਮੁਖ ਹੋ ਕੇ ਸਿਫ਼ਤਿ-ਸਾਲਾਹ ਕਰਦਾ ਹੈ, ਉਹ ਪ੍ਰਭੂ-ਚਰਨਾਂ ਵਿਚ ਅੱਪੜਦਾ ਹੈ ।

(੬) ਢੰਗਾਂ ਨਾਲ ਰੱਬ ਨਹੀਂ ਮਿਲਦਾ । ਗੁਰ-ਸ਼ਬਦ ਦੀ ਰਾਹੀਂ ਜੋ ਮਨੁੱਖ ਪ੍ਰਭੂ ਦੇ 'ਨਾਮ' ਰੂਪ 'ਅੰਮ੍ਰਿਤਸਰ' ਵਿਚ ਨ੍ਹਾਉਂਦਾ ਹੈ ਉਸ ਦੀ ਤ੍ਰਿਸ਼ਨਾ ਬੁੱਝ ਜਾਂਦੀ ਹੈ ।

(੭) ਜਿਸ ਉਤੇ ਮਿਹਰ ਕਰੇ ਉਸ ਨੂੰ ਗੁਰੂ ਮਿਲਦਾ ਹੈ; ਗੁਰੂ ਦੀ ਕਿਰਪਾ ਨਾਲ 'ਨਿਹਚਲੁ ਨਾਮੁ ਧਨੁ' ਮਿਲਦਾ ਹੈ ।

(੮) ਪ੍ਰਭੂ ਦੀ ਕਿਰਪਾ ਨਾਲ ਜੇ ਗੁਰੂ ਮਿਲ ਪਏ ਤਾਂ 'ਹਉਮੈ' ਦੂਰ ਹੁੰਦੀ ਹੈ, 'ਤ੍ਰਿਸ਼ਨਾ' ਮਿਟ ਕੇ ਮਨ ਸੁਖੀ ਹੁੰਦਾ ਹੈ ।

(੯) ਗੁਰੂ ਦੇ ਸਨਮੁਖ ਹੋਇਆਂ 'ਕਪਟ ਵਿਕਾਰ ਅਗਿਆਨ' ਦੂਰ ਹੋ ਜਾਂਦਾ ਹੈ; ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ ਅੰਦਰ ਜੋਤਿ ਦਾ ਪ੍ਰਕਾਸ ਹੋ ਕੇ 'ਆਨੰਦ' ਪ੍ਰਾਪਤ ਹੁੰਦਾ ਹੈ ।

(੧੦) ਗੁਰੂ ਦੇ ਸਨਮੁਖ ਹੋਇਆਂ 'ਹਉਮੈ' ਮਿਟ ਜਾਂਦੀ ਹੈ, ਰਜ਼ਾ ਵਿਚ ਤੁਰੀਦਾ ਹੈ; ਇਸ ਤਰ੍ਹਾਂ 'ਨਾਮ' ਜਪਿਆਂ 'ਹਰਿ ਕਾ ਮਹਲੁ' ਮਿਲ ਜਾਂਦਾ ਹੈ ।

(੧੧) ਜੋ ਮਨੁੱਖ ਗੁਰੂ ਦਾ ਹੋ ਰਹਿੰਦਾ ਹੈ; ਉਸ ਦੇ ਅੰਦਰ ਪਰਮਾਤਮਾ ਦਾ ਪਿਆਰ ਪੈਦਾ ਹੁੰਦਾ ਹੈ; ਉਹ

ਸਦਾ ਰੱਬੀ ਪਿਆਰ ਦੀ ਮੌਜ ਵਿਚ ਤੇ ਯਾਦ ਵਿਚ ਮਸਤ ਰਹਿੰਦਾ ਹੈ ।

(੧੨) ਦੂਜੇ ਪਾਸੇ, ਆਪਣੇ ਮਨ ਦੇ ਪਿਛੇ ਤੁਰ ਕੇ ਮਨੁੱਖ ਕਾਮਾਦਿਕ ਵਿਕਾਰਾਂ ਵਿਚ ਫਸਦੇ ਹਨ । ਇਹ ਵਿਕਾਰ ਮਾਨੋ, ਜਮਾਂ ਦਾ ਮਾਰਗ ਹੈ, ਇਸ ਰਾਹ ਪੈ ਕੇ ਦੁੱਖੀ ਹੁੰਦੇ ਹਨ ।

(੧੩) ਪਰਮਾਤਮਾ ਮਨੁੱਖ ਦੇ ਸਰੀਰ ਵਿਚ ਹੀ ਵੱਸਦਾ ਹੈ, ਪਰ ਜੀਵ ਰਸਾਂ ਦੇ ਭੋਗਣ ਵਿਚ ਲੱਗਾ ਰਹਿੰਦਾ ਹੈ ਤੇ ਪਰਮਾਤਮਾ ਭੋਗਾਂ ਤੋਂ ਨਿਰਲੇਪ ਹੈ; ਇਸ ਵਾਸਤੇ ਇਕੋ ਥਾਂ ਵਸਦਿਆਂ ਭੀ ਜੀਵ ਤੇ ਪ੍ਰਭੂ ਦਾ ਵਿਛੋੜਾ ਬਣਿਆ ਰਹਿੰਦਾ ਹੈ ।

(੧੪) ਕੂੜ ਕੁਸੱਤ ਅਭਿਮਾਨ ਆਦਿਕ, ਮਾਨੋ, ਕਾਇਆ-ਰੂਪ ਕਿਲ੍ਹੇ ਨੂੰ ਕਰੜੇ ਕਵਾੜ ਲੱਗੇ ਹੋਏ ਹਨ, ਮਨ ਦੇ ਪਿਛੇ ਤੁਰਨ ਵਾਲੇ ਨੂੰ ਇਹ ਕਵਾੜ ਦਿੱਸਦੇ ਨਹੀਂ; ਇਹਨਾਂ ਨੇ ਇਸ ਦੀ ਪ੍ਰਭੂ ਨਾਲੋਂ ਵਿੱਥ ਪਾਈ ਹੋਈ ਹੈ ।

(੧੫) ਲੋਭੀ ਮਨ ਲੋਭ ਵਿਚ ਫਸਿਆ ਹੋਇਆ ਮਾਇਆ ਲਈ ਭਟਕਦਾ ਫਿਰਦਾ ਹੈ । ਦੁਨੀਆ ਵਾਲੀ ਇੱਜ਼ਤ ਜਾਂ ਉੱਚੀ ਜਾਤਿ ਤਾਂ ਪਰਲੋਕ ਵਿਚ ਸਹੈਤਾ ਨਹੀਂ ਕਰਦੀ; ਸੋ, ਮਨਮੁਖ ਦੋਹੀਂ ਜਹਾਨੀਂ ਦੁੱਖੀ ਹੁੰਦਾ ਹੈ ।

(੧੬) ਜਿਨ੍ਹਾਂ ਉਤੇ ਪ੍ਰਭੂ ਦੀ ਕਿਰਪਾ ਹੋਵੇ ਉਹਨਾਂ ਨੂੰ ਗੁਰੂ ਮਿਲਦਾ ਹੈ, ਉਹ ਬੰਦਗੀ ਕਰਦੇ ਹਨ, ਪ੍ਰਭੂ ਉਹਨਾਂ ਦੇ ਮਨ ਵਿਚ ਪ੍ਰਗਟ ਹੁੰਦਾ ਹੈ ਉਹਨਾਂ ਨੂੰ ਸੁਖ-ਰੂਪ 'ਲਾਹਾ' ਮਿਲਦਾ ਹੈ ।

(੧੭) ਜੋ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ ਉਹ ਗ਼ਫ਼ਲਿਤ ਦੀ ਨੀਂਦ ਵਿਚ ਨਹੀਂ ਸੌਂਦੇ, ਪਰਮਾਤਮਾ ਦੇ 'ਨਾਮ' ਦਾ ਰਸ ਚੱਖਦੇ ਹਨ ਤੇ 'ਸਹਜ' ਅਵਸਥਾ ਵਿਚ ਟਿਕੇ ਰਹਿੰਦੇ ਹਨ ।

(੧੮) ਗੁਰ-ਸ਼ਬਦ ਦੀ ਰਾਹੀਂ ਜੋ ਮਨੁੱਖ ਮਾਇਆ ਵਲੋਂ ਸੁਚੇਤ ਰਹਿ ਕੇ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਹੈ ਉਹ ਪ੍ਰਭੂ ਦੀ ਹਜ਼ੂਰੀ ਵਿਚ ਟਿਕਿਆ ਰਹਿੰਦਾ ਹੈ ।

(੧੯) 'ਦੂਜਾ ਭਾਵ' ਮਾਇਆ ਦਾ ਮੋਹ ਭੀ ਪ੍ਰਭੂ ਨੇ ਆਪ ਹੀ ਕੀਤਾ ਹੈ: ਵੱਡੇ ਵੱਡੇ ਕਹਾਣ ਵਾਲੇ ਇਸ ਦੂਜੇ ਭਾਵ ਵਿਚ ਹੀ ਫਸੇ ਰਹੇ । ਗੁਰਮੁਖ ਨੂੰ ਸੂਝ ਪੈਂਦੀ ਹੈ ਤੇ ਉਸ ਨੂੰ 'ਸੋਗ ਵਿਜੋਗ' ਨਹੀਂ ਵਿਆਪਦਾ ।

(੨੦) ਜਿਸ ਨੇ ਮਾਇਆ ਦਾ ਮੋਹ ਪੈਦਾ ਕੀਤਾ ਹੈ ਜੇ ਉਸੇ ਦੇ ਦਰ ਤੇ ਅਰਦਾਸਿ ਕਰਦੇ ਰਹੀਏ ਤਾਂ ਇਸ ਮੋਹ ਦਾ ਜ਼ੋਰ ਨਹੀਂ ਪੈਂਦਾ ਤੇ ਇਸ ਤੋਂ ਉਪਜਿਆ ਦੁੱਖ ਮਿੱਟ ਜਾਂਦਾ ਹੈ ।

(੨੧) ਮਾਇਆ ਦੇ ਮੋਹ ਤੋਂ ਰਾਖੀ ਕਰਨ ਵਾਲਾ ਪ੍ਰਭੂ ਆਪ ਹੀ ਹੈ, ਜੋ ਮਨੁੱਖ ਉਸ ਨੂੰ ਧਿਆਉਂਦੇ ਹਨ ਉਹ ਮਾਇਆ ਵਾਲੀ ਚਿੰਤਾ ਛੱਡ 'ਅਚਿੰਤ' ਰਹਿੰਦੇ ਹਨ ।

(੨੨) ਸੰਸਾਰ-ਸਮੁੰਦਰ ਭੀ ਪ੍ਰਭੂ ਹੈ, ਇਸ ਵਿਚੋਂ ਤਾਰਨ ਵਾਲਾ ਜਹਾਜ਼ ਤੇ ਮੱਲਾਹ ਭੀ ਆਪ ਹੀ ਹੈ, ਆਪ ਹੀ ਰਾਹ ਦੱਸਣ ਵਾਲਾ ਹੈ । ਉਸ ਦਾ 'ਨਾਮ' ਸਿਮਰਿਆਂ ਸਾਰੇ ਪਾਪ ਵਿਕਾਰ ਕੱਟੇ ਜਾਂਦੇ ਹਨ ।

ਸਮੁੱਚਾ ਭਾਵ:-

੧. ਇਹ ਜਗਤ-ਰਚਨਾ ਪ੍ਰਭੂ ਨੇ ਆਪ ਕੀਤੀ ਹੈ, ਇਸ ਵਿਚ ਉਸ ਨੇ ਆਪਣੀ ਜੋਤਿ ਟਿਕਾ ਰੱਖੀ ਹੈ । ਤ੍ਰਿਗੁਣੀ ਮਾਇਆ ਭੀ ਆਪ ਹੀ ਬਨਾਣ ਵਾਲਾ ਹੈ; ਇਸ ਦੇ ਪ੍ਰਭਾਵ ਹੇਠ ਜੀਵਾਂ ਨੂੰ ਧੰਧੇ ਵਿਚ ਉਸੇ ਨੇ ਜੋੜ ਰੱਖਿਆ ਹੈ । ਕਿਸੇ ਤਰ੍ਹਾਂ ਦੀ ਚਤੁਰਾਈ ਇਸ ਮੋਹ ਤੋਂ ਬਚਾ ਨਹੀਂ ਸਕਦੀ । (ਪਉੜੀ ਨੰ: ੧ ਤੋਂ

੪)

੨. ਜਿਸ ਉਤੇ ਮਿਹਰ ਹੋਵੇ ਉਸ ਨੂੰ ਗੁਰੂ ਮਿਲਦਾ ਹੈ; ਗੁਰੂ ਦੇ ਸਨਮੁਖ ਹੋ ਕੇ ਸਿਫ਼ਤਿ-ਸਾਲਾਹ ਕਰੀਏ, ਨਾਮ-'ਅੰਮ੍ਰਿਤਸਰ' ਵਿਚ ਨ੍ਹਾਈਏ ਤਾਂ ਤ੍ਰਿਸਨਾ-ਅੱਗ ਬੁੱਝ ਜਾਂਦੀ ਹੈ, ਹਉਮੈ ਮਿਟਦੀ ਹੈ, ਕਪਟ ਵਿਕਾਰ ਦੂਰ ਹੁੰਦਾ ਹੈ, ਰਜ਼ਾ ਵਿਚ ਤੁਰਨ ਦੀ ਜਾਚ ਆਉਂਦੀ ਹੈ ਤੇ ਹਿਰਦੇ ਵਿਚ ਪ੍ਰਭੂ ਦਾ ਪਿਆਰ ਪੈਦਾ ਹੁੰਦਾ ਹੈ । (ਪਉੜੀ ਨੰ: ੫ ਤੋਂ ੧੧)

੩. ਪ੍ਰਭੂ-ਕਾਇਆ-ਕਿਲ੍ਹੇ ਦੇ ਅੰਦਰ ਹੀ ਵੱਸਦਾ ਹੈ; ਪਰ ਮਨਮੁਖ ਕਾਮਾਦਿਕ ਵਿਕਾਰਾਂ ਵਿਚ ਫਸੇ ਰਹਿੰਦੇ ਹਨ ਤੇ ਪ੍ਰਭੂ ਤੋਂ ਵਿਛੁੜੇ ਰਹਿੰਦੇ ਹਨ । ਕੂੜ ਕੁਸੱਤ ਦੇ ਕਰੜੇ ਕਵਾੜ ਪ੍ਰਭੂ ਨਾਲੋਂ ਉਹਨਾਂ ਦੀ ਵਿੱਥ ਪਾਈ ਰੱਖਦੇ ਹਨ । ਲੋਭ-ਗ੍ਰਸਿਆ ਸਾਰੀ ਉਮਰ ਨੱਕ-ਨਮੂਜ ਦੀ ਖ਼ਾਤਰ ਭਟਕਦਾ ਹੈ, ਇਹ ਨੱਕ-ਨਮੂਜ ਏਥੇ ਹੀ ਰਹਿ ਜਾਂਦਾ ਹੈ, ਸੋ, ਦੋਹੀਂ ਜਹਾਨੀਂ ਦੁੱਖ ਪਾਂਦਾ ਹੈ । (ਪਉੜੀ ੧੨ ਤੋਂ ੧੫)

੪. ਜਿਨ੍ਹਾਂ ਉਤੇ ਮਿਹਰ ਹੋਵੇ ਗੁਰੂ-ਸਰਨ ਪੈ ਕੇ ਬੰਦਗੀ ਕਰਦੇ ਹਨ; ਗ਼ਫ਼ਲਿਤ ਦੀ ਨੀਂਦ ਵਿਚ ਨਹੀਂ ਸੌਂਦੇ, ਮਾਇਆ ਵਲੋਂ ਸੁਚੇਤ ਰਹਿ ਕੇ ਸਿਫ਼ਤਿ-ਸਾਲਾਹ ਕਰਦੇ ਹਨ ਤੇ ਪ੍ਰਭੂ ਦੀ ਹਜ਼ੂਰੀ ਵਿਚ ਰਹਿੰਦੇ ਹਨ । (ਪਉੜੀ ੧੬ ਤੋਂ ੧੮)

੫. ਮਾਇਆ ਦਾ ਮੋਹ ਪ੍ਰਭੂ ਨੇ ਆਪ ਹੀ ਪੈਦਾ ਕੀਤਾ ਹੈ; ਵੱਡੇ ਵੱਡੇ ਕਹਾਣ ਵਾਲੇ ਭੀ ਇਸ ਵਿਚ ਫਸ ਜਾਂਦੇ ਹਨ । ਸੰਸਾਰ-ਸਮੁੰਦਰ ਭੀ ਆਪ ਹੈ ਤੇ ਜਹਾਜ਼ ਤੇ ਮੱਲਾਹ ਭੀ ਆਪ ਹੀ ਹੈ, ਆਪ ਹੀ ਰਾਹ ਦੱਸਣ ਵਾਲਾ ਹੈ । ਜੇ ਉਸ ਦੇ ਦਰ ਤੇ ਅਰਦਾਸਿ ਕਰਦੇ ਰਹੀਏ ਤਾਂ ਇਸ ਤੋਂ ਬਚਾ ਲੈਂਦਾ ਹੈ । (ਪਉੜੀ ੧੯ ਤੋਂ ੨੨)

ਮੁੱਖ ਭਾਵ:-

ਪ੍ਰਭੂ ਦੀ ਰਚੀ ਹੋਈ ਇਸ ਜਗਤ-ਮਾਇਆ ਦੇ ਮੋਹ ਤੋਂ ਸਿਰਫ਼ ਉਹੀ ਮਨੁੱਖ ਬਚਦਾ ਹੈ ਜਿਸ ਨੂੰ ਪ੍ਰਭੂ ਦੀ ਆਪਣੀ ਮੇਹਰ ਨਾਲ ਗੁਰੂ ਮਿਲੇ, ਤੇ ਗੁਰੂ ਦੇ ਦੱਸੇ ਹੋਏ ਰਾਹ ਉਤੇ ਤੁਰ ਕੇ ਉਹ ਮਨੁੱਖ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਰਹੇ ।

ਵਾਰ ਦੀ ਬਣਤਰ:-

ਇਹ 'ਵਾਰ' ਗੁਰੂ ਅਮਰਦਾਸ ਜੀ ਦੀ ਰਚਨਾ ਹੈ, ਇਸ ਵਿਚ ੨੨ ਪਉੜੀਆਂ ਹਨ, ਹਰੇਕ ਪਉੜੀ ਵਿਚ ਪੰਜ ਪੰਜ ਤੁਕਾਂ ਹਨ । ਹਰੇਕ ਪਉੜੀ ਦੇ ਨਾਲ ਦੋ ਦੋ ਸ਼ਲੋਕ ਹਨ; ਪਉੜੀ ਨੰ: ੪ ਦੇ ਨਾਲ ਪਹਿਲਾ ਸ਼ਲੋਕ ਕਬੀਰ ਜੀ ਦਾ ਹੈ, ਬਾਕੀ ਦੇ ਸਾਰੇ ਸ਼ਲੋਕ ਗੁਰੂ ਅਮਰਦਾਸ ਜੀ ਦੇ ਹਨ ।

ਕਬੀਰ ਜੀ ਦਾ ਇੱਕ ਸ਼ਲੋਕ ਹੋਣਾ ਭੀ ਦੱਸਦਾ ਹੈ ਕਿ 'ਵਾਰ' ਤੇ 'ਸ਼ਲੋਕ' ਇੱਕੋ ਵਕਤ ਨਹੀਂ ਲਿਖੇ ਗਏ ਕਿਉਂਕਿ 'ਵਾਰ' ਦੇ ਸ਼ਲੋਕਾਂ ਦੀ ਬਣਤਰ ਵਿਚ ਇਕ-ਸੁਰਤਾ ਨਹੀਂ ਰਹਿ ਗਈ । ਜੇ ਇਹਨਾਂ ਦੇ ਲਿਖਣ ਦਾ ਵਕਤ ਇੱਕ ਹੀ ਹੁੰਦਾ ਤਾਂ ਪਉੜੀ ਨੰ: ੪ ਦੇ ਨਾਲ ਸਿਰਫ਼ ਇੱਕੋ ਸਲੋਕ ਨਾਹ ਲਿਖਦੇ । ਇਸ ਪਉੜੀ ਦੇ ਸ਼ਲੋਕਾਂ ਨੂੰ ਪੜ੍ਹ ਕੇ ਵੇਖੋ; ਗੁਰੂ ਅਮਰਦਾਸ ਜੀ ਨੇ ਇਹ ਸ਼ਲੋਕ ਉਚਾਰਿਆ ਭੀ ਕਬੀਰ ਜੀ ਦੇ ਸ਼ਲੋਕ ਦੇ ਪਰਥਾਇ ਹੀ ਹੈ (ਵੇਖੋ, ਸਲੋਕ ਕਬੀਰ ਜੀ ਨੰ: ੫੮) । ਸੋ, ਇਹ ਦੋਵੇਂ ਸ਼ਲੋਕ ਗੁਰੂ ਅਰਜਨ ਸਾਹਿਬ ਨੇ ਇਸ ਪਉੜੀ ਦੇ ਭਾਵ ਨਾਲ ਮਿਲਦੇ ਵੇਖ ਕੇ ਦਰਜ ਕੀਤੇ ਹਨ ਪਰ ਇਹ ਨਹੀਂ ਸੀ ਹੋ ਸਕਦਾ ਕਿ ਜੇ ਗੁਰੂ ਅਮਰਦਾਸ ਜੀ ਸਾਰੇ ਸ਼ਲੋਕ ਭੀ ਨਾਲ ਹੀ ਉਚਾਰਦੇ ਤਾਂ ਇਸ ਪਉੜੀ ਨੰ: ੪ ਨੂੰ ਖ਼ਾਲੀ ਛੱਡ ਦੇਂਦੇ, ਸੋ, ਸਾਰੇ ਹੀ ਸ਼ਲੋਕ ਬੀੜ ਤਿਆਰ ਕਰਨ ਵੇਲੇ ਗੁਰੂ ਅਰਜਨ ਸਾਹਿਬ ਨੇ ਦਰਜ

ਕੀਤੇ ।

ਗੂਜਰੀ ਕੀ ਵਾਰ ਮਹਲਾ ੩

ਸਿਕੰਦਰ ਬਿਰਾਹਿਮ ਕੀ ਵਾਰ ਕੀ ਧੁਨੀ ਗਾਉਣੀ ॥ {੫੦੮}

ਸਿਕੰਦਰ ਤੇ ਇਬਰਾਹੀਮ ਇਕੋ ਕੁਲ ਵਿਚੋਂ ਸਨ ਤੇ ਤੁਰਨੇ-ਸਿਰ ਸਨ । ਇਬਰਾਹੀਮ ਮੰਦ-ਕਰਮੀ ਸੀ । ਇਸ ਨੇ ਇਕ ਵਾਰੀ ਇਕ ਨੌ-ਜਵਾਨ ਬ੍ਰਾਹਮਣ ਦੀ ਨਵੀਂ ਵਿਆਹੀ ਵਹੁਟੀ ਤੇ ਮਾੜੀ ਨਜ਼ਰ ਕਰਨੀ ਸ਼ੁਰੂ ਕੀਤੀ, ਬ੍ਰਾਹਮਣ ਨੇ ਸਿਕੰਦਰ ਪਾਸ ਫ਼ਰਿਆਦ ਕੀਤੀ । ਸਿਕੰਦਰ ਤੇ ਇਬਰਾਹੀਮ ਦੋਹਾਂ ਵਿਚ ਟਾਕਰਾ ਹੋਇਆ, ਇਬਰਾਹੀਮ ਫੜਿਆ ਗਿਆ, ਪਰ ਜਦੋਂ ਉਹ ਆਪਣੇ ਕੀਤੇ ਤੇ ਪਛਤਾਇਆ ਤਾਂ ਸਿਕੰਦਰ ਨੇ ਉਸ ਨੂੰ ਛੱਡ ਦਿੱਤਾ । ਇਹ ਸਾਕਾ ਢਾਢੀਆਂ ਨੇ 'ਵਾਰ' ਵਿਚ ਗਾਂਵਿਆ । ਉਸੇ ਹੀ ਸੁਰ ਤੇ ਗੁਰੂ ਅਮਰਦਾਸ ਜੀ ਦੀ ਇਹ ਵਾਰ ਗਾਉਣ ਲਈ ਆਗਿਆ ਹੈ ।

ਉਸ ਵਾਰ ਦਾ ਨਮੂਨਾ:

ਪਾਪੀ ਖਾਨ ਬਿਰਾਹਮ ਪਰ ਚੜਿਆ ਸੇਕੰਦਰ ।
ਭੇੜ ਦੁਹਾਂ ਦਾ ਮੱਚਿਆ ਬਡ ਰਣ ਦੇ ਅੰਦਰ ।

ਗੂਜਰੀ ਕੀ ਵਾਰ ਮਹਲਾ ੩ ਸਿਕੰਦਰ ਬਿਰਾਹਿਮ ਕੀ ਵਾਰ ਕੀ ਧੁਨੀ ਗਾਉਣੀ . ੴ ਸਤਿਗੁਰ ਪ੍ਰਸਾਦਿ ॥ ਸਲੋਕੁ ਮਃ ੩ ॥ ਇਹੁ ਜਗਤੁ ਮਮਤਾ ਮੁਆ ਜੀਵਣ ਕੀ ਬਿਧਿ ਨਾਹਿ ॥ ਗੁਰ ਕੈ ਭਾਣੈ ਜੋ ਚਲੈ ਤਾਂ ਜੀਵਣ ਪਦਵੀ ਪਾਹਿ ॥ ਓਇ ਸਦਾ ਸਦਾ ਜਨ ਜੀਵਤੇ ਜੋ ਹਰਿ ਚਰਣੀ ਚਿਤੁ ਲਾਹਿ ॥ ਨਾਨਕ ਨਦਰੀ ਮਨਿ ਵਸੈ ਗੁਰਮੁਖਿ ਸਹਜਿ ਸਮਾਹਿ ॥੧॥ {ਪੰਨਾ 508}

ਪਦਅਰਥ:- ਮਮ—ਮੇਰਾ । ਮਮਤਾ—(ਹਰੇਕ ਚੀਜ਼ ਨੂੰ) 'ਮੇਰੀ' ਬਨਾਣ ਦਾ ਖ਼ਿਆਲ । ਬਿਧਿ—ਜਾਚ । ਪਦਵੀ—ਦਰਜਾ । ਸਹਜਿ—ਸਹਜ ਅਵਸਥਾ ਵਿਚ, ਅਡੋਲਤਾ ਵਿਚ, ਉਹ ਅਵਸਥਾ ਜਿਥੇ ਦੁਨੀਆ ਦੇ ਲਾਲਚ ਵਿਚ ਹਰੇਕ ਪਦਾਰਥ ਨੂੰ ਆਪਣਾ ਬਨਾਣ ਦੀ ਚਾਹ ਨਾਹ ਕੁੱਦੇ । ਨਦਰੀ—ਮਿਹਰ ਕਰਨ ਵਾਲਾ ਪ੍ਰਭੂ ।

ਅਰਥ:- ਇਹ ਜਗਤ (ਭਾਵ, ਹਰੇਕ ਜੀਵ) (ਇਹ ਚੀਜ਼ 'ਮੇਰੀ' ਬਣ ਜਾਏ, ਇਹ ਚੀਜ਼ 'ਮੇਰੀ' ਹੋ ਜਾਏ—ਇਸ) ਅਣਪੱਤ ਵਿਚ ਇਤਨਾ ਫਸਿਆ ਪਿਆ ਹੈ ਕਿ ਇਸ ਨੂੰ ਜੀਉਣ ਦੀ ਜਾਚ ਨਹੀਂ ਰਹੀ । ਜੋ ਜੋ ਮਨੁੱਖ ਸਤਿਗੁਰੂ ਦੇ ਕਹੇ ਤੇ ਤੁਰਦਾ ਹੈ ਉਹ ਜੀਵਨ-ਜੁਗਤਿ ਸਿੱਖ ਲੈਂਦੇ ਹਨ, ਜੋ ਮਨੁੱਖ ਪ੍ਰਭੂ ਦੇ ਚਰਨਾਂ ਵਿਚ ਚਿੱਤ ਜੋੜਦੇ ਹਨ, ਉਹ ਸਮਝੋ, ਸਦਾ ਹੀ ਜੀਉਂਦੇ ਹਨ, (ਕਿਉਂਕਿ) ਹੇ ਨਾਨਕ! ਗੁਰੂ ਦੇ ਸਨਮੁਖ ਹੋਇਆਂ ਮਿਹਰ ਦਾ ਮਾਲਕ ਪ੍ਰਭੂ ਮਨ ਵਿਚ ਆ ਵੱਸਦਾ ਹੈ ਤੇ ਗੁਰਮੁਖਿ ਉਸ ਅਵਸਥਾ ਵਿਚ ਜਾ ਅੱਪੜਦੇ ਹਨ ਜਿਥੇ ਪਦਾਰਥਾਂ ਵਲ ਮਨ ਡੋਲਦਾ ਨਹੀਂ ।੧।

ਮਃ ੩ ॥ ਅੰਦਰਿ ਸਹਸਾ ਦੁਖੁ ਹੈ ਆਪੈ ਸਿਰਿ ਧੰਧੈ ਮਾਰ ॥ ਦੂਜੈ ਭਾਇ ਸੁਤੇ ਕਬਹਿ ਨ ਜਾਗਹਿ ਮਾਇਆ ਮੋਹ ਪਿਆਰ ॥ ਨਾਮੁ ਨ ਚੇਤਹਿ ਸਬਦੁ ਨ ਵੀਚਾਰਹਿ ਇਹੁ ਮਨਮੁਖ ਕਾ ਆਚਾਰੁ ॥ ਹਰਿ ਨਾਮੁ ਨ ਪਾਇਆ ਜਨਮੁ ਬਿਰਥਾ ਗਵਾਇਆ ਨਾਨਕ ਜਮੁ ਮਾਰਿ ਕਰੇ ਖੁਆਰ ॥੨॥ {ਪੰਨਾ 508}

ਪਦਅਰਥ:- ਸਹਸਾ—ਤੌਖਲਾ । ਆਪੈ—ਆਪ ਹੀ । ਧੰਧੈ ਮਾਰ—ਧੰਧਿਆਂ ਦੀ ਮਾਰ । ਆਚਾਰੁ—ਰਹਣੀ, ਵਰਤੋਂ ।

ਅਰਥ:- ਜਿਨ੍ਹਾਂ ਮਨੁੱਖਾਂ ਦਾ ਮਾਇਆ ਨਾਲ ਮੋਹ ਪਿਆਰ ਹੈ ਜੋ ਮਾਇਆ ਦੇ ਪਿਆਰ ਵਿਚ ਮਸਤ ਹੋ ਰਹੇ ਹਨ (ਇਸ ਗ਼ਫ਼ਲਿਤ ਵਿਚੋਂ) ਕਦੇ ਜਾਗਦੇ ਨਹੀਂ, ਉਹਨਾਂ ਦੇ ਮਨ ਵਿਚ ਤੌਖਲਾ ਤੇ ਕਲੇਸ਼ ਟਿਕਿਆ ਰਹਿੰਦਾ ਹੈ, ਉਹਨਾਂ ਨੇ ਦੁਨੀਆ ਦੇ ਝੰਬੇਲਿਆਂ ਦਾ ਇਹ ਖਪਾਣਾ ਆਪਣੇ ਸਿਰ ਉਤੇ ਆਪ ਸਹੇੜਿਆ ਹੋਇਆ ਹੈ ।

ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦਿਆਂ ਦੀ ਰਹਿਣੀ ਇਹ ਹੈ ਕਿ ਉਹ ਕਦੇ ਗੁਰ-ਸ਼ਬਦ ਨਹੀਂ ਵੀਚਾਰਦੇ । ਹੇ ਨਾਨਕ! ਉਹਨਾਂ ਨੂੰ ਪਰਮਾਤਮਾ ਦਾ ਨਾਮ ਨਸੀਬ ਨਹੀਂ ਹੋਇਆ, ਉਹ ਜਨਮ ਅਜਾਈਂ ਗਵਾਂਦੇ ਹਨ ਤੇ ਜਮ ਉਹਨਾਂ ਨੂੰ ਮਾਰ ਕੇ ਖ਼ੁਆਰ ਕਰਦਾ ਹੈ (ਭਾਵ, ਮੌਤ ਹੱਥੋਂ ਸਦਾ ਸਹਮੇ ਰਹਿੰਦੇ ਹਨ) ।੨।

ਪਉੜੀ ॥ ਆਪਣਾ ਆਪੁ ਉਪਾਇਓਨੁ ਤਦਹੁ ਹੋਰੁ ਨ ਕੋਈ ॥ ਮਤਾ ਮਸੂਰਤਿ ਆਪਿ ਕਰੇ ਜੋ ਕਰੇ ਸੁ ਹੋਈ ॥ ਤਦਹੁ ਆਕਾਸੁ ਨ ਪਾਤਾਲੁ ਹੈ ਨਾ ਤ੍ਰੈ ਲੋਈ ॥ ਤਦਹੁ ਆਪੇ ਆਪਿ ਨਿਰੰਕਾਰੁ ਹੈ ਨਾ ਓਪਤਿ ਹੋਈ ॥ ਜਿਉ ਤਿਸੁ ਭਾਵੈ ਤਿਵੈ ਕਰੇ ਤਿਸੁ ਬਿਨੁ ਅਵਰੁ ਨ ਕੋਈ ॥੧॥ {ਪੰਨਾ 509}

ਪਦਅਰਥ:- ਉਪਾਇਓਨੁ—ਉਪਾਇਆ ਉਨਿ, ਪੈਦਾ ਕੀਤਾ ਉਸ ਨੇ । ਮਤਾ ਮਸੂਰਤਿ—ਸਾਲਾਹ ਮਸ਼ਵਰਾ । ਤ੍ਰੈ ਲੋਈ—ਤ੍ਰੈ ਲੋਕ । ਓਪਤਿ—ਉਤਪੱਤੀ, ਸ੍ਰਿਸ਼ਟੀ ।

ਅਰਥ:- ਜਦੋਂ ਪ੍ਰਭੂ ਨੇ ਆਪਣਾ ਆਪ (ਹੀ) ਪੈਦਾ ਕੀਤਾ ਹੋਇਆ ਸੀ ਤਦੋਂ ਕੋਈ ਹੋਰ ਦੂਜਾ ਨਹੀਂ ਸੀ, ਸਲਾਹ ਮਸ਼ਵਰਾ ਭੀ ਆਪ ਹੀ ਕਰਦਾ ਸੀ, ਜੋ ਕਰਦਾ ਸੀ ਸੋ ਹੁੰਦਾ ਸੀ । ਉਸ ਵੇਲੇ ਨਾਹ ਆਕਾਸ਼ ਨਾਹ ਪਾਤਾਲ ਤੇ ਨਾਹ ਇਹ ਤ੍ਰੈਵੇ ਲੋਕ ਸਨ, ਕੋਈ ਉਤਪੱਤੀ ਅਜੇ ਨਹੀਂ ਸੀ ਹੋਈ, ਆਕਾਰ-ਰਹਿਤ ਪਰਮਾਤਮਾ ਅਜੇ ਆਪ ਹੀ ਆਪ ਸੀ ।

ਜੋ ਪ੍ਰਭੂ ਨੂੰ ਭਾਉਂਦਾ ਹੈ ਉਹੀ ਕਰਦਾ ਹੈ ਉਸ ਤੋਂ ਬਿਨਾ ਹੋਰ ਕੋਈ ਨਹੀਂ ਹੈ ।੧।

ਸਲੋਕੁ ਮਃ ੩ ॥ ਸਾਹਿਬੁ ਮੇਰਾ ਸਦਾ ਹੈ ਦਿਸੈ ਸਬਦੁ ਕਮਾਇ ॥ ਓਹੁ ਅਉਹਾਣੀ ਕਦੇ ਨਾਹਿ ਨਾ ਆਵੈ ਨਾ ਜਾਇ ॥ ਸਦਾ ਸਦਾ ਸੋ ਸੇਵੀਐ ਜੋ ਸਭ ਮਹਿ ਰਹੈ ਸਮਾਇ ॥ ਅਵਰੁ ਦੂਜਾ ਕਿਉ ਸੇਵੀਐ ਜੰਮੈ ਤੈ ਮਰਿ ਜਾਇ ॥ ਨਿਹਫਲੁ ਤਿਨ ਕਾ ਜੀਵਿਆ ਜਿ ਖਸਮੁ ਨ ਜਾਣਹਿ ਆਪਣਾ ਅਵਰੀ ਕਉ ਚਿਤੁ ਲਾਇ ॥ ਨਾਨਕ ਏਵ ਨ ਜਾਪਈ ਕਰਤਾ ਕੇਤੀ ਦੇਇ ਸਜਾਇ ॥੧॥ {ਪੰਨਾ 509}

ਪਦਅਰਥ:- ਅਉਹਾਣੀ—ਨਾਸ ਹੋਣ ਵਾਲਾ । ਨਿਹਫਲੁ—ਵਿਅਰਥ । ਚਿਤੁ ਲਾਇ—ਚਿੱਤ ਲਾ ਕੇ । ਏਵ—ਇਸ ਤਰ੍ਹਾਂ (ਅੰਦਾਜ਼ੇ ਲਾਇਆਂ) । ਕੇਤੀ—ਕਿਤਨੀ ।

ਅਰਥ:- ਮੇਰਾ ਪ੍ਰਭੂ ਸਦਾ ਮੌਜੂਦ ਹੈ, ਪਰ 'ਸ਼ਬਦ' ਕਮਾਇਆਂ (ਅੱਖੀਂ) ਦਿੱਸਦਾ ਹੈ, ਉਹ ਕਦੇ ਨਾਸ ਹੋਣ ਵਾਲਾ ਨਹੀਂ, ਨਾਹ ਜੰਮਦਾ ਹੈ, ਨਾਹ ਮਰਦਾ ਹੈ । ਉਹ ਪ੍ਰਭੂ ਸਭ (ਜੀਵਾਂ) ਵਿਚ ਮੌਜੂਦ ਹੈ ਉਸ

ਨੂੰ ਸਦਾ ਸਿਮਰਨਾ ਚਾਹੀਦਾ ਹੈ ।

(ਭਲਾ) ਉਸ ਦੂਜੇ ਦੀ ਭਗਤੀ ਕਿਉਂ ਕਰੀਏ ਜੋ ਜੰਮਦਾ ਹੈ ਤੇ ਮਰ ਜਾਂਦਾ ਹੈ, ਉਹਨਾਂ ਬੰਦਿਆਂ ਦਾ ਜੀਊਣਾ ਵਿਅਰਥ ਹੈ ਜੋ (ਪ੍ਰਭੂ ਨੂੰ ਛੱਡ ਕੇ) ਕਿਸੇ ਹੋਰ ਵਿਚ ਚਿੱਤ ਲਾ ਕੇ ਆਪਣੇ ਖਸਮ-ਪ੍ਰਭੂ ਨੂੰ ਨਹੀਂ ਪਛਾਣਦੇ । ਅਜੇਹੇ ਬੰਦਿਆਂ ਨੂੰ, ਹੇ ਨਾਨਕ! ਕਰਤਾਰ ਕਿਤਨੀ ਕੁ ਸਜ਼ਾ ਦੇਂਦਾ ਹੈ, ਇਹ ਗੱਲ ਇਸ ਤਰ੍ਹਾਂ (ਅੰਦਾਜ਼ੇ ਲਾਇਆਂ) ਨਹੀਂ ਪਤਾ ਲਗਦੀ ।੧।

ਮਃ ੩ ॥ ਸਚਾ ਨਾਮੁ ਧਿਆਈਐ ਸਭੋ ਵਰਤੈ ਸਚੁ ॥ ਨਾਨਕ ਹੁਕਮੁ ਬੁਝਿ ਪਰਵਾਣੁ ਹੋਇ ਤਾ ਫਲੁ ਪਾਵੈ ਸਚੁ ॥ ਕਥਨੀ ਬਦਨੀ ਕਰਤਾ ਫਿਰੈ ਹੁਕਮੈ ਮੂਲਿ ਨ ਬੁਝਈ ਅੰਧਾ ਕਚੁ ਨਿਕਚੁ ॥੨॥ {ਪੰਨਾ 509}

ਪਦਅਰਥ:- ਸਭੋ—ਹਰ ਥਾਂ । ਸਚੁ—ਸਦਾ-ਥਿਰ ਰਹਿਣ ਵਾਲਾ ਪ੍ਰਭੂ । ਕਥਨੀ—ਗੱਲਾਂ । ਬਦਨੀ—ਬਦਨ (ਮੂੰਹ) ਨਾਲ । ਕਥਨੀ ਬਦਨੀ—ਮੂੰਹ ਦੀਆਂ ਗੱਲਾਂ । ਕਚੁ ਨਿਕਚੁ—ਨਿਰੋਲ ਕੱਚਾ, ਨਿਰੋਲ ਕੱਚੀਆਂ ਗੱਲਾਂ ਕਰਨ ਵਾਲੇ ।

ਅਰਥ:- ਜੋ ਸਦਾ-ਥਿਰ ਪ੍ਰਭੂ ਹਰ ਥਾਂ ਵੱਸਦਾ ਹੈ ਉਸ ਦਾ ਨਾਮ ਸਿਮਰਨਾ ਚਾਹੀਦਾ ਹੈ, ਹੇ ਨਾਨਕ! ਜੇ ਮਨੁੱਖ ਪ੍ਰਭੂ ਦੀ ਰਜ਼ਾ ਨੂੰ ਸਮਝੇ ਤਾਂ ਉਸ ਦੀ ਹਜ਼ੂਰੀ ਵਿਚ ਕਬੂਲ ਹੁੰਦਾ ਹੈ ਤੇ (ਇਹ ਪ੍ਰਭੂ-ਦਰ ਤੇ ਪ੍ਰਵਾਨਗੀ-ਰੂਪ) ਸਦਾ ਟਿਕੇ ਰਹਿਣ ਵਾਲਾ ਫਲ ਪ੍ਰਾਪਤ ਕਰਦਾ ਹੈ ।

ਪਰ ਜੋ ਮਨੁੱਖ ਨਿਰੀਆਂ ਮੂੰਹ ਦੀਆਂ ਗੱਲਾਂ ਕਰਦਾ ਫਿਰਦਾ ਹੈ, ਪ੍ਰਭੂ ਦੀ ਰਜ਼ਾ ਨੂੰ ਉੱਕਾ ਨਹੀਂ ਸਮਝਦਾ, ਉਹ ਅੰਨ੍ਹਾ ਹੈ ਤੇ ਨਿਰੀਆਂ ਕੱਚੀਆਂ ਗੱਲਾਂ ਕਰਨ ਵਾਲਾ ਹੈ ।੨।

ਪਉੜੀ ॥ ਸੰਜੋਗੁ ਵਿਜੋਗੁ ਉਪਾਇਓਨੁ ਸ੍ਰਿਸਟੀ ਕਾ ਮੂਲੁ ਰਚਾਇਆ ॥ ਹੁਕਮੀ ਸ੍ਰਿਸਟਿ ਸਾਜੀਅਨੁ ਜੋਤੀ ਜੋਤਿ ਮਿਲਾਇਆ ॥ ਜੋਤੀ ਹੂੰ ਸਭੁ ਚਾਨਣਾ ਸਤਿਗੁਰਿ ਸਬਦੁ ਸੁਣਾਇਆ ॥ ਬ੍ਰਹਮਾ ਬਿਸਨੁ ਮਹੇਸੁ ਤ੍ਰੈ ਗੁਣ ਸਿਰਿ ਧੰਧੈ ਲਾਇਆ ॥ ਮਾਇਆ ਕਾ ਮੂਲੁ ਰਚਾਇਓਨੁ ਤੁਰੀਆ ਸੁਖੁ ਪਾਇਆ ॥੨॥ {ਪੰਨਾ 509}

ਪਦਅਰਥ:- ਸੰਜੋਗੁ—ਮੇਲ । ਵਿਜੋਗੁ—ਵਿਛੋੜਾ । ਉਪਾਇਓਨੁ—ਉਪਾਇਆ ਉਸ ਨੇ । ਮੂਲੁ—ਮੁੱਢ । ਸਾਜੀਅਨੁ—ਸਾਜੀ ਉਸ ਨੇ । ਜੋਤੀ ਜੋਤਿ—ਜੀਵਾਂ ਦੀ ਆਤਮਾ ਵਿਚ ਆਪਣੀ ਆਤਮਾ । ਜੋਤੀ ਹੂੰ—ਜੋਤਿ ਤੋਂ ਹੀ । ਚਾਨਣਾ—ਪ੍ਰਕਾਸ਼ । ਸਿਰਿ—ਸਿਰਜ ਕੇ, ਪੈਦਾ ਕਰ ਕੇ । ਰਚਾਇਓਨੁ—ਰਚਾਇਆ ਉਸ ਨੇ । ਤੁਰੀਆ—ਚੌਥੇ ਪਦ ਵਿਚ ।

ਅਰਥ:- ਪਰਮਾਤਮਾ ਨੇ ਸੰਜੋਗ ਤੇ ਵਿਜੋਗ-ਰੂਪ ਨੇਮ ਬਣਾਇਆ ਤੇ ਜਗਤ (ਰਚਨਾ) ਦਾ ਮੁੱਢ ਬੰਨ੍ਹ ਦਿੱਤਾ । ਉਸ ਨੇ ਆਪਣੇ ਹੁਕਮ ਵਿਚ ਸ੍ਰਿਸ਼ਟੀ ਸਾਜੀ ਤੇ (ਜੀਵਾਂ ਦੀ) ਆਤਮਾ ਵਿਚ (ਆਪਣੀ) ਜੋਤਿ ਰਲਾਈ । ਇਹ ਸਾਰਾ ਪ੍ਰਕਾਸ਼ ਪ੍ਰਭੂ ਦੀ ਜੋਤਿ ਤੋਂ ਹੀ ਹੋਇਆ ਹੈ—ਇਹ ਬਚਨ ਸਤਿਗੁਰੂ ਨੇ ਸੁਣਾਇਆ ਹੈ । ਬ੍ਰਹਮਾ, ਵਿਸ਼ਨੂ ਤੇ ਸ਼ਿਵ ਪੈਦਾ ਕਰ ਕੇ ਉਹਨਾਂ ਨੂੰ ਤਿੰਨਾਂ ਗੁਣਾਂ ਦੇ ਧੰਧੇ ਵਿਚ ਉਸ ਨੇ ਪਾ ਦਿੱਤਾ ।

ਪਰਮਾਤਮਾ ਨੇ (ਸੰਜੋਗ ਵਿਜੋਗ-ਰੂਪ) ਮਾਇਆ ਦਾ ਮੁੱਢ ਰਚ ਦਿੱਤਾ, (ਇਸ ਮਾਇਆ ਵਿਚ ਰਹਿ ਕੇ)

ਸੁਖ ਉਸ ਨੇ ਲੱਭਾ ਜੋ ਤੁਰੀਆ ਅਵਸਥਾ ਵਿਚ ਅੱਪੜਿਆ ।੨।

ਸਲੋਕੁ ਮਃ ੩ ॥ ਸੋ ਜਪੁ ਸੋ ਤਪੁ ਜਿ ਸਤਿਗੁਰ ਭਾਵੈ ॥ ਸਤਿਗੁਰ ਕੈ ਭਾਣੈ ਵਡਿਆਈ ਪਾਵੈ ॥ ਨਾਨਕ ਆਪੁ ਛੋਡਿ ਗੁਰ ਮਾਹਿ ਸਮਾਵੈ ॥੧॥ {ਪੰਨਾ 509}

ਪਦਅਰਥ:- ਆਪੁ—ਆਪਾ-ਭਾਵ, ਹਉਮੈ । ਜਿ ਸਤਿਗੁਰ ਭਾਵੈ—ਜੋ ਗੁਰੂ ਨੂੰ ਚੰਗਾ ਲੱਗਦਾ ਹੈ ।

ਅਰਥ:- ਸਤਿਗੁਰੂ ਨੂੰ ਭਾ ਜਾਣਾ (ਚੰਗਾ ਲੱਗ ਪੈਣਾ)—ਇਹੀ ਜਪ ਹੈ ਇਹੀ ਤਪ ਹੈ; ਮਨੁੱਖ ਸਤਿਗੁਰੂ ਦੀ ਰਜ਼ਾ ਵਿਚ ਰਹਿ ਕੇ ਹੀ ਆਦਰ ਮਾਣ ਹਾਸਲ ਕਰਦਾ ਹੈ । ਹੇ ਨਾਨਕ! ਆਪਾ-ਭਾਵ ਤਿਆਗ ਕੇ ਹੀ (ਮਨੁੱਖ) ਸਤਿਗੁਰੂ ਵਿਚ ਲੀਨ ਹੋ ਜਾਂਦਾ ਹੈ ।੧।

ਮਃ ੩ ॥ ਗੁਰ ਕੀ ਸਿਖ ਕੋ ਵਿਰਲਾ ਲੇਵੈ ॥ ਨਾਨਕ ਜਿਸੁ ਆਪਿ ਵਡਿਆਈ ਦੇਵੈ ॥੨॥ {ਪੰਨਾ 509}

ਅਰਥ:- ਕੋਈ ਵਿਰਲਾ ਬੰਦਾ ਸਤਿਗੁਰੂ ਦੀ ਸਿੱਖਿਆ ਲੈਂਦਾ ਹੈ (ਭਾਵ, ਸਿੱਖਿਆ ਤੇ ਤੁਰਦਾ ਹੈ) ਹੇ ਨਾਨਕ! (ਗੁਰ-ਸਿੱਖਿਆ ਤੇ ਤੁਰਨ ਦੀ) ਵਡਿਆਈ ਉਸੇ ਨੂੰ ਮਿਲਦੀ ਹੈ ਜਿਸ ਨੂੰ ਪ੍ਰਭੂ ਆਪ ਦੇਂਦਾ ਹੈ ।੨।

ਪਉੜੀ ॥ ਮਾਇਆ ਮੋਹੁ ਅਗਿਆਨੁ ਹੈ ਬਿਖਮੁ ਅਤਿ ਭਾਰੀ ॥ ਪਥਰ ਪਾਪ ਬਹੁ ਲਦਿਆ ਕਿਉ ਤਰੀਐ ਤਾਰੀ ॥ ਅਨਦਿਨੁ ਭਗਤੀ ਰਤਿਆ ਹਰਿ ਪਾਰਿ ਉਤਾਰੀ ॥ ਗੁਰ ਸਬਦੀ ਮਨੁ ਨਿਰਮਲਾ ਹਉਮੈ ਛਡਿ ਵਿਕਾਰੀ ॥ ਹਰਿ ਹਰਿ ਨਾਮੁ ਧਿਆਈਐ ਹਰਿ ਹਰਿ ਨਿਸਤਾਰੀ ॥੩॥ {ਪੰਨਾ 509}

ਪਦਅਰਥ:- ਬਿਖਮ—ਔਖਾ । ਤਰੀਐ ਤਾਰੀ—ਤਾਰੀ ਤਰੀ ਜਾਏ, ਪਾਰ ਲੰਘਿਆ ਜਾਏ । ਅਨਦਿਨੁ—ਹਰ ਰੋਜ਼ । ਰਤਿਆ—ਜੇ ਰੰਗੇ ਜਾਈਏ ।

ਅਰਥ:- (ਪ੍ਰਭੂ ਦੀ ਰਚੀ ਹੋਈ) ਮਾਇਆ ਦਾ ਮੋਹ ਤੇ ਅਗਿਆਨ (ਰੂਪ ਸਮੁੰਦਰ) ਬੜਾ ਭਾਰਾ ਔਖਾ ਹੈ; ਜੇ ਬੜੇ ਪਾਪਾਂ (ਰੂਪ) ਪੱਥਰਾਂ ਨਾਲ ਲੱਦੇ ਹੋਵੀਏ (ਤਾਂ ਇਸ ਸਮੁੰਦਰ ਵਿਚੋਂ) ਕਿਵੇਂ ਤਰ ਕੇ ਲੰਘ ਸਕੀਦਾ ਹੈ? (ਭਾਵ, ਇਸ ਮੋਹ-ਸਮੁੰਦਰ ਵਿਚੋਂ ਸੁੱਕਾ ਬਚ ਕੇ ਲੰਘ ਨਹੀਂ ਸਕੀਦਾ) ।

ਪ੍ਰਭੂ ਉਹਨਾਂ ਮਨੁੱਖਾਂ ਨੂੰ ਪਾਰ ਲੰਘਾਂਦਾ ਹੈ ਜੋ ਹਰ ਰੋਜ਼ (ਭਾਵ, ਹਰ ਵੇਲੇ) ਉਸ ਦੀ ਭਗਤੀ ਵਿਚ ਰੰਗੇ ਹੋਏ ਹਨ, ਜਿਨ੍ਹਾਂ ਦਾ ਮਨ ਸਤਿਗੁਰੂ ਦੇ ਸ਼ਬਦ ਦੀ ਰਾਹੀਂ ਹਉਮੈ ਵਿਕਾਰ ਨੂੰ ਛੱਡ ਕੇ ਪਵਿੱਤ੍ਰ ਹੋ ਜਾਂਦਾ ਹੈ । (ਸੋ) ਪ੍ਰਭੂ ਦਾ ਹੀ ਨਾਮ ਸਿਮਰਨਾ ਚਾਹੀਦਾ ਹੈ, ਪ੍ਰਭੂ ਹੀ (ਇਸ 'ਮਾਇਆ-ਮੋਹ' ਰੂਪ ਸਮੁੰਦਰ ਤੋਂ) ਪਾਰ ਲੰਘਾਂਦਾ ਹੈ ।੩।

ਸਲੋਕੁ ॥ ਕਬੀਰ ਮੁਕਤਿ ਦੁਆਰਾ ਸੰਕੁੜਾ ਰਾਈ ਦਸਵੈ ਭਾਇ ॥ ਮਨੁ ਤਉ ਮੈਗਲੁ ਹੋਇ ਰਹਾ ਨਿਕਸਿਆ ਕਿਉ ਕਰਿ ਜਾਇ ॥ ਐਸਾ ਸਤਿਗੁਰੁ ਜੇ ਮਿਲੈ ਤੁਠਾ ਕਰੇ ਪਸਾਉ ॥ ਮੁਕਤਿ ਦੁਆਰਾ ਮੋਕਲਾ ਸਹਜੇ ਆਵਉ ਜਾਉ ॥੧॥ {ਪੰਨਾ 509}

ਪਦਅਰਥ:- ਮੁਕਿਤ—(ਮਾਇਆ ਦੇ ਮੋਹ ਤੋਂ) ਖ਼ਲਾਸੀ । ਸੰਕੁੜਾ—ਸੁੰਗੜਿਆ ਹੋਇਆ । ਦਸਵੈ

ਭਾਇ—ਦਸਵਾਂ ਹਿੱਸਾ । ਮੈਗਲੁ—(ਸੰ: ਮਦਕਲ) ਮਸਤ ਹਾਥੀ । ਕਿਉਕਰਿ—ਕਿਵੇਂ । ਤੁਠਾ—ਪ੍ਰਸੰਨ । ਪਸਾਉ—ਪ੍ਰਸਾਦ, ਕਿਰਪਾ । ਸਹਜੇ—ਸਹਜ ਅਵਸਥਾ ਵਿਚ, ਸੌਖੇ ਹੀ । ਤਉ—ਤਾਂ, ਪਰ ।

ਅਰਥ:- ਹੇ ਕਬੀਰ! (ਮਾਇਆ ਦੇ ਮੋਹ ਤੋਂ) ਖ਼ਲਾਸੀ (ਪਾਣ) ਦਾ ਦਰਵਾਜ਼ਾ ਇਤਨਾ ਸੁੰਗੜਿਆ ਹੋਇਆ ਹੈ ਕਿ ਰਾਈ ਦੇ ਦਾਣੇ ਤੋਂ ਭੀ ਦਸਵਾਂ ਹਿੱਸਾ ਹੈ; ਪਰ (ਅਸਾਡਾ) ਮਨ (ਹਉਮੈ ਨਾਲ) ਮਸਤ ਹਾਥੀ ਬਣਿਆ ਪਿਆ ਹੈ (ਇਸ ਵਿਚੋਂ) ਕਿਵੇਂ ਲੰਘਿਆ ਜਾ ਸਕੇ? ਜੇ ਕੋਈ ਅਜੇਹਾ ਗੁਰੂ ਮਿਲ ਪਏ ਜੋ ਪ੍ਰਸੰਨ ਹੋ ਕੇ (ਅਸਾਡੇ ਉਤੇ ਕਿਰਪਾ ਕਰੇ, ਤਾਂ ਮੁਕਤੀ ਦਾ ਰਾਹ ਬੜਾ ਖੁਲ੍ਹਾ ਹੋ ਜਾਂਦਾ ਹੈ, ਉਸ ਵਿਚੋਂ ਸੌਖੇ ਹੀ ਆ ਜਾ ਸਕੀਦਾ ਹੈ ।੧।

ਮਃ ੩ ॥ ਨਾਨਕ ਮੁਕਤਿ ਦੁਆਰਾ ਅਤਿ ਨੀਕਾ ਨਾਨ੍ਹਾ ਹੋਇ ਸੁ ਜਾਇ ॥ ਹਉਮੈ ਮਨੁ ਅਸਥੂਲੁ ਹੈ ਕਿਉ ਕਰਿ ਵਿਚੁ ਦੇ ਜਾਇ ॥ ਸਤਿਗੁਰ ਮਿਲਿਐ ਹਉਮੈ ਗਈ ਜੋਤਿ ਰਹੀ ਸਭ ਆਇ ॥ ਇਹੁ ਜੀਉ ਸਦਾ ਮੁਕਤੁ ਹੈ ਸਹਜੇ ਰਹਿਆ ਸਮਾਇ ॥੨॥ {ਪੰਨਾ 509}

ਪਦਅਰਥ:- ਨੀਕਾ—ਨਿੱਕਾ ਜਿਹਾ । ਨਾਨ੍ਹਾ—ਨੰਨ੍ਹਾ, ਬਹੁਤ ਛੋਟਾ । ਸੁ—ਉਹ ਮਨੁੱਖ । ਅਸਥੂਲੁ—ਮੋਟਾ । ਵਿਚੁ ਦੇ—ਵਿਚੋਂ ਦੀ । ਜੋਤਿ—ਪ੍ਰਕਾਸ਼, ਚਾਨਣ । ਮੁਕਤੁ—ਆਜ਼ਾਦ ।

ਨੋਟ:- ਕਬੀਰ ਜੀ ਨੇ ਲਿਖਿਆ "ਮਨ ਤਉ ਮੈਗਲੁ ਹੋਇ ਰਹਾ" । ਗੁਰੂ ਅਮਰਦਾਸ ਜੀ ਨੇ ਇਸ ਦੀ ਵਿਆਖਿਆ ਕੀਤੀ ਹੈ ਕਿ "ਹਉਮੈ ਮਨੁ ਅਸਥੂਲੁ ਹੈ"; 'ਮੈਗਲੁ' ਬਣਨ ਦਾ ਕਾਰਣ ਹੈ 'ਹਉਮੈ' ।

ਅਰਥ:- ਹੇ ਨਾਨਕ! ਮਾਇਆ ਦੇ ਮੋਹ ਤੋਂ ਬਚ ਕੇ ਲੰਘਣ ਦਾ ਰਸਤਾ ਬਹੁਤ ਨਿੱਕਾ ਜਿਹਾ ਹੈ, ਉਹੀ ਇਸ ਵਿਚੋਂ ਲੰਘ ਸਕਦਾ ਹੈ ਜੋ ਬਹੁਤ ਨਿੱਕਾ ਹੋ ਜਾਏ । ਪਰ ਜੇ ਮਨ ਹਉਮੈ ਨਾਲ ਮੋਟਾ ਹੋ ਗਿਆ, ਤਾਂ ਇਸ (ਨਿੱਕੇ ਜਿਹੇ ਦਰਵਾਜ਼ੇ) ਵਿਚੋਂ ਦੀ ਕਿਵੇਂ ਲੰਘਿਆ ਜਾ ਸਕੇ?

ਜਦੋਂ ਗੁਰੂ ਮਿਲਿਆਂ ਹਉਮੈ ਦੂਰ ਹੋ ਜਾਏ ਤਾਂ ਅੰਦਰ ਪ੍ਰਕਾਸ਼ ਹੋ ਜਾਂਦਾ ਹੈ, ਫਿਰ ਇਹ ਆਤਮਾ ਸਦਾ (ਮਾਇਆ-ਮੋਹ ਤੋਂ) ਆਜ਼ਾਦ ਰਹਿੰਦਾ ਹੈ ਤੇ ਅਡੋਲ ਅਵਸਥਾ ਵਿਚ ਟਿਕਿਆ ਰਹਿੰਦਾ ਹੈ ।੨।

ਪਉੜੀ ॥ ਪ੍ਰਭਿ ਸੰਸਾਰੁ ਉਪਾਇ ਕੈ ਵਸਿ ਆਪਣੈ ਕੀਤਾ ॥ ਗਣਤੈ ਪ੍ਰਭੂ ਨ ਪਾਈਐ ਦੂਜੈ ਭਰਮੀਤਾ ॥ ਸਤਿਗੁਰ ਮਿਲਿਐ ਜੀਵਤੁ ਮਰੈ ਬੁਝਿ ਸਚਿ ਸਮੀਤਾ ॥ ਸਬਦੇ ਹਉਮੈ ਖੋਈਐ ਹਰਿ ਮੇਲਿ ਮਿਲੀਤਾ ॥ ਸਭ ਕਿਛੁ ਜਾਣੈ ਕਰੇ ਆਪਿ ਆਪੇ ਵਿਗਸੀਤਾ ॥੪॥ {ਪੰਨਾ 510}

ਪਦਅਰਥ:- ਪ੍ਰਭਿ—ਪ੍ਰਭੂ ਨੇ । ਗਣਤੈ—ਗਣਤ ਨਾਲ, ਵਿਚਾਰਾਂ ਨਾਲ । ਜੀਵਤੁ ਮਰੈ—ਜੀਉਂਦਾ ਮਰੇ, ਵਿਕਾਰਾਂ ਵਲੋਂ ਮਰੇ । ਵਿਗਸੀਤਾ—ਵਿਗਸਦਾ ਹੈ, ਖਿੜਦਾ ਹੈ ।

ਅਰਥ:- ਪ੍ਰਭੂ ਨੇ ਜਗਤ ਪੈਦਾ ਕਰ ਕੇ ਆਪਣੇ ਵੱਸ ਵਿਚ ਰੱਖਿਆ ਹੋਇਆ ਹੈ (ਪਰ ਇਹ ਗੱਲ ਭੁਲਾ ਕੇ ਕਿ ਜਗਤ ਪ੍ਰਭੂ ਦੇ ਵੱਸ ਵਿਚ ਹੈ, ਤੇ ਮਾਇਆ ਦੀਆਂ ਹੀ) ਵਿਚਾਰਾਂ ਕੀਤਿਆਂ ਪ੍ਰਭੂ ਨਹੀਂ ਮਿਲਦਾ, ਮਾਇਆ ਵਿਚ ਹੀ ਭਟਕੀਦਾ ਹੈ ।

ਗੁਰੂ ਮਿਲਿਆਂ ਜੇ ਮਨੁੱਖ ਜੀਉਂਦਾ (ਮਾਇਆ ਵਲੋਂ) ਮਰੇ ਤਾਂ (ਇਹ ਅਸਲੀਅਤ ਕਿ ਸੰਸਾਰ ਪ੍ਰਭੂ ਦੇ ਵੱਸ ਵਿਚ ਹੈ) ਸਮਝ ਕੇ ਸੱਚੇ ਪ੍ਰਭੂ ਦੇ ਮੇਲ ਵਿਚ ਮਿਲ ਜਾਂਦਾ ਹੈ । (ਇਹ ਸਮਝ ਆ ਜਾਂਦੀ ਕਿ) ਪ੍ਰਭੂ

ਆਪ ਹੀ ਸਭ ਕੁਝ ਜਾਣਦਾ ਹੈ, ਆਪ ਹੀ ਕਰਦਾ ਹੈ ਤੇ ਆਪ ਹੀ (ਵੇਖ ਕੇ) ਖ਼ੁਸ਼ ਹੁੰਦਾ ਹੈ ।

ਸਲੋਕੁ ਮਃ ੩ ॥ ਸਤਿਗੁਰ ਸਿਉ ਚਿਤੁ ਨ ਲਾਇਓ ਨਾਮੁ ਨ ਵਸਿਓ ਮਨਿ ਆਇ ॥ ਧ੍ਰਿਗੁ ਇਵੇਹਾ ਜੀਵਿਆ ਕਿਆ ਜੁਗ ਮਹਿ ਪਾਇਆ ਆਇ ॥ ਮਾਇਆ ਖੋਟੀ ਰਾਸਿ ਹੈ ਏਕ ਚਸੇ ਮਹਿ ਪਾਜੁ ਲਹਿ ਜਾਇ ॥ ਹਥਹੁ ਛੁੜਕੀ ਤਨੁ ਸਿਆਹੁ ਹੋਇ ਬਦਨੁ ਜਾਇ ਕੁਮਲਾਇ ॥ ਜਿਨ ਸਤਿਗੁਰ ਸਿਉ ਚਿਤੁ ਲਾਇਆ ਤਿਨ੍ ਸੁਖੁ ਵਸਿਆ ਮਨਿ ਆਇ ॥ ਹਰਿ ਨਾਮੁ ਧਿਆਵਹਿ ਰੰਗ ਸਿਉ ਹਰਿ ਨਾਮਿ ਰਹੇ ਲਿਵ ਲਾਇ ॥ ਨਾਨਕ ਸਤਿਗੁਰ ਸੋ ਧਨੁ ਸਉਪਿਆ ਜਿ ਜੀਅ ਮਹਿ ਰਹਿਆ ਸਮਾਇ ॥ ਰੰਗੁ ਤਿਸੈ ਕਉ ਅਗਲਾ ਵੰਨੀ ਚੜੈ ਚੜਾਇ ॥੧॥ {ਪੰਨਾ 510}

ਪਦਅਰਥ:- ਮਨਿ—ਮਨ ਵਿਚ । ਧ੍ਰਿਗੁ—ਫਿਟਕਾਰ-ਜੋਗ । ਜੁਗ—ਜਨਮ, ਮਨੁੱਖਾ ਜਨਮ । ਰਾਸਿ—ਪੂੰਜੀ । ਚਸਾ—ਪਹਰ ਦਾ ਵੀਹਵਾਂ ਹਿੱਸਾ । ਪਾਜੁ—ਵਿਖਾਵਾ । ਹਥਹੁ ਛੁੜਕੀ—ਹਥੋਂ ਗੁਆਚੀ ਹੋਈ, ਜੇ ਗੁਆਚ ਜਾਏ । ਨੋਟ:- 'ਹਥਹੁ ਛੁੜਕੀ' ਵਿਚ 'ਮਾਇਆ ਖੋਟੀ ਰਾਸਿ' ਦਾ ਜ਼ਿਕਰ ਹੈ । ਸੋ, 'ਜੇ ਮਰ ਜਾਏ'—ਇਹ ਅਰਥ ਗ਼ਲਤ ਹੈ) । ਬਦਨੁ—(ਸੰ: ਵਦਨ) ਮੂੰਹ । ਰੰਗ—ਪਿਆਰ । ਸਤਿਗੁਰ ਸਉਪਿਆ—ਗੁਰੂ ਨੂੰ ਸੌਂਪਿਆ (ਵੇਖੋ, ਸੰਪ੍ਰਦਾਨ ਕਾਰਕ, 'ਗੁਰਬਾਣੀ ਵਿਆਕਰਣ' ਪੰਨਾ ੨੨ ਤੇ ੩੯੫) । ਜੀਅ ਮਹਿ—ਜਿੰਦ ਵਿਚ । ਅਗਲਾ—ਬਹੁਤਾ । ਵੰਨੀ—ਰੰਗ ।

ਅਰਥ:- ਜੇ ਗੁਰੂ ਨਾਲ ਚਿੱਤ ਨਾਹ ਲਾਇਆ ਤੇ ਪ੍ਰਭੂ ਦਾ ਨਾਮ ਮਨ ਵਿਚ ਨਾਹ ਵੱਸਿਆ, ਤਾਂ ਫਿਟੇ-ਮੂੰਹ ਇਸ ਜੀਊਣ ਨੂੰ! ਮਨੁੱਖਾ-ਜਨਮ ਵਿਚ ਆ ਕੇ ਕੀਹ ਖੱਟਿਆ? ਮਾਇਆ ਤਾਂ ਖੋਟੀ ਪੂੰਜੀ ਹੈ, ਇਸ ਦਾ ਪਾਜ ਤਾਂ ਇਕ ਪਲਕ ਵਿਚ ਲਹਿ ਜਾਂਦਾ ਹੈ, ਜੇ ਇਹ ਗੁਆਚ ਜਾਏ (ਇਸ ਦੇ ਗ਼ਮ ਨਾਲ) ਸਰੀਰ ਕਾਲਾ ਹੋ ਜਾਂਦਾ ਹੈ ਤੇ ਮੂੰਹ ਕੁਮਲਾ ਜਾਂਦਾ ਹੈ ।

ਜਿਨ੍ਹਾਂ ਮਨੁੱਖਾਂ ਨੇ ਗੁਰੂ ਨਾਲ ਚਿੱਤ ਜੋੜਿਆ ਉਹਨਾਂ ਦੇ ਮਨ ਵਿਚ ਸ਼ਾਂਤੀ ਆ ਵੱਸਦੀ ਹੈ; ਉਹ ਪਿਆਰ ਨਾਲ ਪ੍ਰਭੂ ਦਾ ਨਾਮ ਸਿਮਰਦੇ ਹਨ, ਪ੍ਰਭੂ-ਨਾਮ ਵਿਚ ਸੁਰਤਿ ਜੋੜੀ ਰੱਖਦੇ ਹਨ ।

ਹੇ ਨਾਨਕ! ਇਹ ਨਾਮ-ਧਨ ਪ੍ਰਭੂ ਨੇ ਸਤਿਗੁਰੂ ਨੂੰ ਸੌਂਪਿਆ ਹੈ, ਇਹ ਧਨ ਗੁਰੂ ਦੇ ਆਤਮਾ ਵਿਚ ਰਚਿਆ ਹੋਇਆ ਹੈ; (ਜੋ ਮਨੁੱਖ ਗੁਰੂ ਤੋਂ ਨਾਮ ਧਨ ਲੈਂਦਾ ਹੈ) ਉਸੇ ਨੂੰ ਨਾਮ-ਰੰਗ ਬਹੁਤ ਚੜ੍ਹਦਾ ਹੈ, ਤੇ ਇਹ ਰੰਗ ਨਿੱਤ ਚਮਕਦਾ ਹੈ (ਦੂਣਾ ਚਉਣਾ ਹੁੰਦਾ ਹੈ) ।੧।

ਮਃ ੩ ॥ ਮਾਇਆ ਹੋਈ ਨਾਗਨੀ ਜਗਤਿ ਰਹੀ ਲਪਟਾਇ ॥ ਇਸ ਕੀ ਸੇਵਾ ਜੋ ਕਰੇ ਤਿਸ ਹੀ ਕਉ ਫਿਰਿ ਖਾਇ ॥ ਗੁਰਮੁਖਿ ਕੋਈ ਗਾਰੜੂ ਤਿਨਿ ਮਲਿ ਦਲਿ ਲਾਈ ਪਾਇ ॥ ਨਾਨਕ ਸੇਈ ਉਬਰੇ ਜਿ ਸਚਿ ਰਹੇ ਲਿਵ ਲਾਇ ॥੨॥ {ਪੰਨਾ 510}

ਪਦਅਰਥ:- ਨਾਗਨੀ—ਸੱਪਣੀ । ਲਪਟਾਇਆ ਰਹੀ—ਚੰਬੜ ਰਹੀ ਹੈ । ਇਸ, ਤਿਸ—ਇਹਨਾਂ ਪੜਨਾਵਾਂ ਦਾ (੍) ਕਿਉਂ ਉੱਡ ਗਿਆ ਹੈ, ਇਸ ਗੱਲ ਨੂੰ ਸਮਝਣ ਲਈ ਵੇਖੋ 'ਗੁਰਬਾਣੀ ਵਿਆਕਰਣ' ਪੰਨਾ ੪੪੧ । ਗਾਰੜੂ—ਗਾਰੁੜ-ਮੰਤ੍ਰ ਜਾਣਨ ਵਾਲਾ; ਸੱਪ ਦਾ ਜ਼ਹਰ ਹਟਾਣ ਵਾਲਾ

ਮੰਤਰ ਜਾਣਨ ਵਾਲਾ । ਮਲਿ—ਮਲ ਕੇ । ਦਲਿ—ਦਲ ਕੇ । ਮਲਿ ਦਲਿ—ਚੰਗੀ ਤਰ੍ਹਾਂ ਮਲ ਕੇ । ਤਿਨਿ—ਤਿਸ ਨੇ, ਉਸ ਨੇ ।

ਅਰਥ:- ਮਾਇਆ ਸੱਪਣੀ ਬਣੀ ਹੋਈ ਹੈ ਜਗਤ ਵਿਚ (ਹਰੇਕ ਜੀਵ ਨੂੰ) ਚੰਬੜੀ ਹੋਈ ਹੈ, ਜੋ ਇਸ ਦਾ ਗ਼ੁਲਾਮ ਬਣਦਾ ਹੈ ਉਸੇ ਨੂੰ ਇਹ ਮਾਰ ਮੁਕਾਂਦੀ ਹੈ ।

ਕੋਈ ਵਿਰਲਾ ਗੁਰਮੁਖ ਹੁੰਦਾ ਹੈ ਜੋ ਇਸ ਮਾਇਆ-ਸੱਪਣੀ ਦੇ ਜ਼ਹਿਰ ਦਾ ਮੰਤ੍ਰ ਜਾਣਦਾ ਹੈ, ਉਸ ਨੇ ਇਸ ਨੂੰ ਚੰਗੀ ਤਰ੍ਹਾਂ ਮਲ ਕੇ ਪੈਰਾਂ ਹੇਠ ਸੁੱਟ ਲਿਆ ਹੈ । ਹੇ ਨਾਨਕ! ਇਸ ਮਾਇਆ ਸੱਪਣੀ ਤੋਂ ਉਹੀ ਬਚੇ ਹਨ ਜੋ ਸੱਚੇ ਪ੍ਰਭੂ ਵਿਚ ਸੁਰਤਿ ਜੋੜਦੇ ਹਨ ।੨।

ਪਉੜੀ ॥ ਢਾਢੀ ਕਰੇ ਪੁਕਾਰ ਪ੍ਰਭੂ ਸੁਣਾਇਸੀ ॥ ਅੰਦਰਿ ਧੀਰਕ ਹੋਇ ਪੂਰਾ ਪਾਇਸੀ ॥ ਜੋ ਧੁਰਿ ਲਿਖਿਆ ਲੇਖੁ ਸੇ ਕਰਮ ਕਮਾਇਸੀ ॥ ਜਾ ਹੋਵੈ ਖਸਮੁ ਦਇਆਲੁ ਤਾ ਮਹਲੁ ਘਰੁ ਪਾਇਸੀ ॥ ਸੋ ਪ੍ਰਭੁ ਮੇਰਾ ਅਤਿ ਵਡਾ ਗੁਰਮੁਖਿ ਮੇਲਾਇਸੀ ॥੫॥ {ਪੰਨਾ 510}

ਪਦਅਰਥ:- ਢਾਢੀ—ਸਿਫ਼ਤਿ-ਸਾਲਾਹ ਕਰਨ ਵਾਲਾ । ਧੀਰਕ—ਧੀਰਜ । ਪਾਇਸੀ—ਪਾ ਲਏਗਾ, ਲੱਭ ਲਏਗਾ । ਧੁਰਿ—ਧੁਰੋਂ ਪ੍ਰਭੂ ਦੇ ਹੁਕਮ ਅਨੁਸਾਰ ।

ਅਰਥ:- ਜਦੋਂ ਮਨੁੱਖ ਢਾਢੀ ਬਣ ਕੇ ਅਰਦਾਸ ਕਰਦਾ ਹੈ ਤੇ ਪ੍ਰਭੂ ਨੂੰ ਸੁਣਾਂਦਾ ਹੈ ਤਾਂ ਇਸ ਦੇ ਅੰਦਰ ਧੀਰਜ ਆਉਂਦੀ ਹੈ (ਮਾਇਆ-ਮੋਹ ਤੇ ਹਉਮੈ ਦੂਰ ਹੁੰਦੇ ਹਨ) ਤੇ ਪੂਰਾ ਪ੍ਰਭੂ ਇਸ ਨੂੰ ਮਿਲਦਾ ਹੈ । ਧੁਰੋਂ (ਪਿਛਲੀ ਕੀਤੀ ਸਿਫ਼ਤਿ-ਸਾਲਾਹ ਅਨੁਸਾਰ) ਜੋ (ਭਗਤੀ ਦਾ) ਲੇਖ ਮੱਥੇ ਤੇ ਉੱਘੜਦਾ ਹੈ ਤੇ ਉਹੋ ਜਿਹੇ (ਭਾਵ, ਸਿਫ਼ਤਿ-ਸਾਲਾਹ ਵਾਲੇ) ਕੰਮ ਕਰਦਾ ਹੈ । (ਇਸ ਤਰ੍ਹਾਂ) ਜਦੋਂ ਖਸਮ ਦਿਆਲ ਹੁੰਦਾ ਹੈ ਤਾਂ ਇਸ ਨੂੰ ਪ੍ਰਭੂ ਦਾ ਮਹਿਲ-ਰੂਪ ਅਸਲ ਘਰ ਲੱਭ ਪੈਂਦਾ ਹੈ ।

ਪਰ ਮੇਰਾ ਉਹ ਪ੍ਰਭੂ ਹੈ ਬਹੁਤ ਵੱਡਾ, ਗੁਰੂ ਦੀ ਰਾਹੀਂ ਹੀ ਮਿਲਦਾ ਹੈ ।੫।

ਸਲੋਕ ਮਃ ੩ ॥ ਸਭਨਾ ਕਾ ਸਹੁ ਏਕੁ ਹੈ ਸਦ ਹੀ ਰਹੈ ਹਜੂਰਿ ॥ ਨਾਨਕ ਹੁਕਮੁ ਨ ਮੰਨਈ ਤਾ ਘਰ ਹੀ ਅੰਦਰਿ ਦੂਰਿ ॥ ਹੁਕਮੁ ਭੀ ਤਿਨ੍ਹਾ ਮਨਾਇਸੀ ਜਿਨ੍ਹ ਕਉ ਨਦਰਿ ਕਰੇਇ ॥ ਹੁਕਮੁ ਮੰਨਿ ਸੁਖੁ ਪਾਇਆ ਪ੍ਰੇਮ ਸੁਹਾਗਣਿ ਹੋਇ ॥੧॥ {ਪੰਨਾ 510}

ਪਦਅਰਥ:- ਹਜੂਰਿ—ਅੰਗ-ਸੰਗ । ਨਦਰਿ—ਮਿਹਰ ਦੀ ਨਜ਼ਰ {ਨੋਟ:- ਅਰਬੀ ਦੇ 'ਜ਼' ਨੂੰ 'ਦ' ਭੀ ਪੜ੍ਹਿਆ ਜਾਂਦਾ ਹੈ; ਏਸੇ ਤਰ੍ਹਾਂ 'ਕਾਜ਼ੀ' ਤੇ 'ਕਾਦੀ', 'ਕਾਗਜ਼' ਤੇ 'ਕਾਗਦ') । ਸੁਹਾਗਣਿ—ਸੁ-ਭਾਗਣਿ, ਚੰਗੇ ਭਾਗਾਂ ਵਾਲੀ ।

ਅਰਥ:- ਸਭ (ਜੀਵ-ਇਸਤ੍ਰੀਆਂ) ਦਾ ਖਸਮ ਇਕ ਪਰਮਾਤਮਾ ਹੈ ਜੋ ਸਦਾ ਹੀ ਇਹਨਾਂ ਦੇ ਅੰਗ-ਸੰਗ ਰਹਿੰਦਾ ਹੈ, ਪਰ, ਹੇ ਨਾਨਕ! ਜੋ (ਜੀਵ-ਇਸਤ੍ਰੀ) ਉਸ ਦਾ ਹੁਕਮ ਨਹੀਂ ਮੰਨਦੀ (ਉਸ ਦੀ ਰਜ਼ਾ ਵਿਚ ਨਹੀਂ ਤੁਰਦੀ) ਉਸ ਨੂੰ ਉਹ ਖਸਮ ਹਿਰਦੇ-ਘਰ ਵਿਚ ਵੱਸਦਾ ਹੋਇਆ ਭੀ ਕਿਤੇ ਦੂਰ ਵੱਸਦਾ ਜਾਪਦਾ ਹੈ ।

ਹੁਕਮ ਭੀ ਉਹਨਾਂ ਹੀ (ਜੀਵ-ਇਸਤ੍ਰੀਆਂ) ਤੋਂ ਮਨਾਂਦਾ ਹੈ ਜਿਨ੍ਹਾਂ ਉੱਤੇ ਮਿਹਰ ਦੀ ਨਜ਼ਰ ਕਰਦਾ ਹੈ; ਜਿਸ ਨੇ ਹੁਕਮ ਮੰਨ ਕੇ ਸੁਖ ਹਾਸਲ ਕੀਤਾ ਹੈ, ਉਹ ਪ੍ਰੇਮ ਵਾਲੀ ਚੰਗੇ ਭਾਗਾਂ ਵਾਲੀ ਹੋ ਜਾਂਦੀ ਹੈ ।੧।

ਮਃ ੩ ॥ ਰੈਣਿ ਸਬਾਈ ਜਲਿ ਮੁਈ ਕੰਤ ਨ ਲਾਇਓ ਭਾਉ ॥ ਨਾਨਕ ਸੁਖਿ ਵਸਨਿ ਸੋੁਹਾਗਣੀ ਜਿਨ੍ ਪਿਆਰਾ ਪੁਰਖੁ ਹਰਿ ਰਾਉ ॥੨॥ {ਪੰਨਾ 510}

ਪਦਅਰਥ:- ਰੈਣਿ ਸਬਾਈ—(ਜ਼ਿੰਦਗੀ ਰੂਪ) ਸਾਰੀ ਰਾਤਿ । ਭਾਉ—ਪਿਆਰ । ਸੁਖਿ—ਸੁਖ ਨਾਲ । ਸੋੁਹਾਗਣੀ—ਅੱਖਰ 'ਸ' ਦੀਆਂ ਦੋ ਲਗਾਂ (ੋ) ਤੇ (ੁ) ਵਿਚੋਂ ਏਥੇ (ੁ) ਪੜ੍ਹਨਾ ਹੈ ।

ਅਰਥ:- ਜਿਸ ਜੀਵ-ਇਸਤ੍ਰੀ ਨੇ ਕੰਤ ਪ੍ਰਭੂ ਨਾਲ ਪਿਆਰ ਨਾਹ ਕੀਤਾ, ਉਹ (ਜ਼ਿੰਦਗੀ ਰੂਪ) ਸਾਰੀ ਰਾਤ ਸੜ ਮੁਈ (ਉਸ ਦੀ ਸਾਰੀ ਉਮਰ ਦੁੱਖਾਂ ਵਿਚ ਲੰਘੀ) । ਪਰ, ਹੇ ਨਾਨਕ! ਜਿਨ੍ਹਾਂ ਦਾ ਪਿਆਰਾ ਅਕਾਲ ਪੁਰਖ (ਖਸਮ) ਹੈ ਉਹ ਭਾਗਾਂ ਵਾਲੀਆਂ ਸੁਖ ਨਾਲ ਸੌਂਦੀਆਂ ਹਨ (ਜ਼ਿੰਦਗੀ ਦੀ ਰਾਤ ਸੁਖ ਨਾਲ ਗੁਜ਼ਾਰਦੀਆਂ ਹਨ) ।੨।

ਪਉੜੀ ॥ ਸਭੁ ਜਗੁ ਫਿਰਿ ਮੈ ਦੇਖਿਆ ਹਰਿ ਇਕੋ ਦਾਤਾ ॥ ਉਪਾਇ ਕਿਤੈ ਨ ਪਾਈਐ ਹਰਿ ਕਰਮ ਬਿਧਾਤਾ ॥ ਗੁਰ ਸਬਦੀ ਹਰਿ ਮਨਿ ਵਸੈ ਹਰਿ ਸਹਜੇ ਜਾਤਾ ॥ ਅੰਦਰਹੁ ਤ੍ਰਿਸਨਾ ਅਗਨਿ ਬੁਝੀ ਹਰਿ ਅੰਮ੍ਰਿਤ ਸਰਿ ਨਾਤਾ ॥ ਵਡੀ ਵਡਿਆਈ ਵਡੇ ਕੀ ਗੁਰਮੁਖਿ ਬੋਲਾਤਾ ॥੬॥ {ਪੰਨਾ 510}

ਪਦਅਰਥ:- ਫਿਰਿ—ਭਉਂ ਕੇ । ਉਪਾਇ ਕਿਤੈ—ਕਿਸੇ ਢੰਗ ਨਾਲ । ਕਰਮ ਵਿਧਾਤਾ—ਕਰਮਾਂ ਦੀ ਬਿਧ ਬਨਾਣ ਵਾਲਾ, ਜੀਵਾਂ ਦੇ ਕੀਤੇ ਕਰਮਾਂ ਅਨੁਸਾਰ ਜੀਵਾਂ ਨੂੰ ਪੈਦਾ ਕਰਨ ਵਾਲਾ । ਮਨਿ—ਮਨ ਵਿਚ । ਅੰਮ੍ਰਿਤਸਰਿ—ਅੰਮ੍ਰਿਤ ਦੇ ਸਰ ਵਿਚ । ਹਰਿ ਅੰਮ੍ਰਿਤਸਰਿ—ਹਰੀ ਦੇ ਨਾਮ ਅੰਮ੍ਰਿਤ ਦੇ ਸਰੋਵਰ ਵਿਚ । ਬੋਲਾਤਾ—ਬੁਲਾਂਦਾ ਹੈ, ਆਪਣੀ ਸਿਫ਼ਤਿ ਕਰਾਂਦਾ ਹੈ ।

ਅਰਥ:- ਮੈਂ ਸਾਰਾ ਸੰਸਾਰ ਟੋਲ ਕੇ ਵੇਖ ਲਿਆ ਹੈ, ਇਕ ਪਰਮਾਤਮਾ ਹੀ ਸਾਰੇ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈ; ਜੀਵਾਂ ਦੇ ਕਰਮਾਂ ਦੀ ਬਿਧ ਬਨਾਣ ਵਾਲਾ ਉਹ ਪ੍ਰਭੂ ਕਿਸੇ ਚਤੁਰਾਈ ਸਿਆਣਪ ਨਾਲ ਨਹੀਂ ਲੱਭਦਾ; ਸਿਰਫ਼ ਗੁਰੂ ਦੇ ਸ਼ਬਦ ਦੁਆਰਾ ਹਿਰਦੇ ਵਿਚ ਵੱਸਦਾ ਹੈ ਤੇ ਸੌਖਾ ਹੀ ਪਛਾਣਿਆ ਜਾ ਸਕਦਾ ਹੈ ।

ਜੋ ਮਨੁੱਖ ਪ੍ਰਭੂ ਦੇ ਨਾਮ-ਅੰਮ੍ਰਿਤ ਦੇ ਸਰੋਵਰ ਵਿਚ ਨ੍ਹਾਉਂਦਾ ਹੈ ਉਸ ਦੇ ਅੰਦਰੋਂ ਤ੍ਰਿਸਨਾ ਦੀ ਅੱਗ ਬੁਝ ਜਾਂਦੀ ਹੈ; ਇਹ ਉਸ ਵੱਡੇ ਦੀ ਵਡਿਆਈ ਹੈ ਕਿ (ਜੀਵ ਪਾਸੋਂ) ਗੁਰੂ ਦੀ ਰਾਹੀਂ ਆਪਣੀ ਸਿਫ਼ਤਿ-ਸਾਲਾਹ ਕਰਾਂਦਾ ਹੈ ।੬।

ਸਲੋਕੁ ਮਃ ੩ ॥ ਕਾਇਆ ਹੰਸ ਕਿਆ ਪ੍ਰੀਤਿ ਹੈ ਜਿ ਪਇਆ ਹੀ ਛਡਿ ਜਾਇ ॥ ਏਸ ਨੋ ਕੂੜੁ ਬੋਲਿ ਕਿ ਖਵਾਲੀਐ ਜਿ ਚਲਦਿਆ ਨਾਲਿ ਨ ਜਾਇ ॥ ਕਾਇਆ ਮਿਟੀ ਅੰਧੁ ਹੈ ਪਉਣੈ ਪੁਛਹੁ ਜਾਇ ॥ ਹਉ ਤਾ ਮਾਇਆ ਮੋਹਿਆ ਫਿਰਿ ਫਿਰਿ ਆਵਾ ਜਾਇ ॥ ਨਾਨਕ ਹੁਕਮੁ ਨ ਜਾਤੋ ਖਸਮ ਕਾ ਜਿ ਰਹਾ ਸਚਿ ਸਮਾਇ ॥੧॥ {ਪੰਨਾ 510-511}

ਪਦਅਰਥ:- ਹੰਸ—ਜੀਵ-ਆਤਮਾ । ਕਿਆ ਪ੍ਰੀਤਿ—ਕਾਹਦੀ ਪ੍ਰੀਤ (ਕੱਚੀ ਪ੍ਰੀਤ) । ਪਇਆ ਹੀ—ਪਈ ਨੂੰ ਹੀ । ਕਿ—ਕੀਹ । ਅੰਧੁ—ਗਿਆਨ-ਹੀਣ । ਪਉਣੈ—ਪਉਣ ਨੂੰ, ਜੀਵਾਤਮਾ ਨੂੰ । ਫਿਰਿ ਫਿਰਿ—ਮੁੜ ਮੁੜ । ਆਵਾ ਜਾਇ—ਆਉਂਦਾ ਜਾਂਦਾ ਹਾਂ । ਜਿ—ਜਿਸ ਕਰਕੇ । ਰਹਾ—ਮੈਂ ਰਹਾਂ ।

ਅਰਥ:- ਸਰੀਰ ਤੇ ਆਤਮਾ ਦਾ ਕੱਚਾ ਜਿਹਾ ਪਿਆਰ ਹੈ, (ਅੰਤ ਵੇਲੇ, ਇਹ ਆਤਮਾ ਸਰੀਰ ਨੂੰ) ਡਿੱਗੇ ਨੂੰ ਹੀ ਛੱਡ ਕੇ ਤੁਰ ਜਾਂਦਾ ਹੈ; ਜਦੋਂ (ਆਖ਼ਰ) ਤੁਰਨ ਵੇਲੇ ਇਹ ਸਰੀਰ ਨਾਲ ਨਹੀਂ ਜਾਂਦਾ ਤਾਂ ਇਸ ਨੂੰ ਝੂਠ ਬੋਲ ਬੋਲ ਕੇ ਪਾਲਣ ਦਾ ਕੀਹ ਲਾਭ? (ਸਰੀਰ ਤਾਂ ਮਿੱਟੀ ਸਮਝੋ) ਗ੍ਯਾਨਹੀਣ ਹੈ (ਝੂਠ ਬੋਲ ਬੋਲ ਕੇ ਇਸ ਨੂੰ ਪਾਲਿਆਂ ਆਖ਼ਰ ਲੇਖਾ ਜੀਵਾਤਮਾ ਤੋਂ ਹੀ ਮੰਗਿਆ ਜਾਂਦਾ ਹੈ) । ਜੀਵਾਤਮਾ ਨੂੰ ਜੇ ਪੁੱਛੋ (ਕਿ ਇਹ ਸਰੀਰ ਪਾਲਣ ਵਿਚ ਹੀ ਕਿਉਂ ਲੱਗਾ ਰਿਹਾ, ਤਾਂ ਇਸ ਦਾ ਉੱਤਰ ਇਹ ਹੈ ਕਿ) ਮੈਂ ਮਾਇਆ ਦੇ ਮੋਹ ਵਿਚ ਫਸਿਆ ਮੁੜ ਮੁੜ ਜਨਮ ਮਰਨ ਵਿਚ ਪਿਆ ਰਿਹਾ; ਹੇ ਨਾਨਕ! ਮੈਂ ਖਸਮ ਦਾ ਹੁਕਮ ਨਾਹ ਪਛਾਣਿਆ ਜਿਸ ਦੀ ਬਰਕਤਿ ਨਾਲ ਮੈਂ ਸੱਚੇ ਪ੍ਰਭੂ ਵਿਚ ਟਿਕਿਆ ਰਹਿੰਦਾ ।੧।

ਮਃ ੩ ॥ ਏਕੋ ਨਿਹਚਲ ਨਾਮ ਧਨੁ ਹੋਰੁ ਧਨੁ ਆਵੈ ਜਾਇ ॥ ਇਸੁ ਧਨ ਕਉ ਤਸਕਰੁ ਜੋਹਿ ਨ ਸਕਈ ਨਾ ਓਚਕਾ ਲੈ ਜਾਇ ॥ ਇਹੁ ਹਰਿ ਧਨੁ ਜੀਐ ਸੇਤੀ ਰਵਿ ਰਹਿਆ ਜੀਐ ਨਾਲੇ ਜਾਇ ॥ ਪੂਰੇ ਗੁਰ ਤੇ ਪਾਈਐ ਮਨਮੁਖਿ ਪਲੈ ਨ ਪਾਇ ॥ ਧਨੁ ਵਾਪਾਰੀ ਨਾਨਕਾ ਜਿਨ੍ਹਾ ਨਾਮ ਧਨੁ ਖਟਿਆ ਆਇ ॥੨॥ {ਪੰਨਾ 511}

ਪਦਅਰਥ:- ਤਸਕਰੁ—ਚੋਰ । ਜੋਹਿ ਨ ਸਕਈ—ਤੱਕ ਨਹੀਂ ਸਕਦਾ । ਓਚਕਾ—ਗੰਢ-ਕੱਪ । ਜੀਐ ਸੇਤੀ—ਜਿੰਦ ਦੇ ਨਾਲ ਹੀ । ਪਲੇ ਨ ਪਾਇ—ਨਹੀਂ ਮਿਲਦਾ । ਧਨੁ—ਮੁਬਾਰਕ, ਭਾਗਾਂ ਵਾਲੇ । ਆਇ—ਏਥੇ ਆ ਕੇ, ਜਗਤ ਵਿਚ ਆ ਕੇ ।

ਅਰਥ:- ਪਰਮਾਤਮਾ ਦਾ ਨਾਮ ਹੀ ਇਕ ਐਸਾ ਧਨ ਹੈ ਜੋ ਸਦਾ ਕਾਇਮ ਰਹਿੰਦਾ ਹੈ, ਹੋਰ ਧਨ ਕਦੇ ਮਿਲਿਆ ਤੇ ਕਦੇ ਨਾਸ ਹੋ ਗਿਆ; ਇਸ ਧਨ ਵਲ ਕੋਈ ਚੋਰ ਅੱਖ ਚੁੱਕ ਕੇ ਨਹੀਂ ਵੇਖ ਸਕਦਾ, ਕੋਈ ਗੰਢ-ਕੱਪ ਇਸ ਨੂੰ ਖੋਹ ਨਹੀਂ ਸਕਦਾ । ਪਰਮਾਤਮਾ ਦਾ ਨਾਮ-ਰੂਪ ਇਹ ਧਨ ਜਿੰਦ ਦੇ ਨਾਲ ਹੀ ਰਹਿੰਦਾ ਹੈ ਜਿੰਦ ਦੇ ਨਾਲ ਹੀ ਜਾਂਦਾ ਹੈ, ਇਹ ਧਨ ਪੂਰੇ ਗੁਰੂ ਤੋਂ ਮਿਲਦਾ ਹੈ, ਪਰ ਜੋ ਮਨੁੱਖ ਆਪਣੇ ਮਨ ਦੇ ਪਿੱਛੇ ਤੁਰਦਾ ਹੈ ਉਸ ਨੂੰ ਨਹੀਂ ਲੱਭਦਾ ।

ਹੇ ਨਾਨਕ! ਭਾਗਾਂ ਵਾਲੇ ਹਨ ਉਹ ਵਣਜਾਰੇ, ਜਿਨ੍ਹਾਂ ਜਗਤ ਵਿਚ ਆ ਕੇ ਪਰਮਾਤਮਾ ਦਾ ਨਾਮ ਰੂਪ ਧਨ ਖੱਟਿਆ ਹੈ ।੨।

ਪਉੜੀ ॥ ਮੇਰਾ ਸਾਹਿਬੁ ਅਤਿ ਵਡਾ ਸਚੁ ਗਹਿਰ ਗੰਭੀਰਾ ॥ ਸਭੁ ਜਗੁ ਤਿਸ ਕੈ ਵਸਿ ਹੈ ਸਭੁ ਤਿਸ ਕਾ ਚੀਰਾ ॥ ਗੁਰ ਪਰਸਾਦੀ ਪਾਈਐ ਨਿਹਚਲੁ ਧਨੁ ਧੀਰਾ ॥ ਕਿਰਪਾ ਤੇ ਹਰਿ ਮਨਿ ਵਸੈ ਭੇਟੈ ਗੁਰੁ ਸੂਰਾ ॥ ਗੁਣਵੰਤੀ ਸਾਲਾਹਿਆ ਸਦਾ ਥਿਰੁ ਨਿਹਚਲੁ ਹਰਿ ਪੂਰਾ ॥੭॥ {ਪੰਨਾ 511}

ਪਦਅਰਥ:- ਗਹਿਰ—ਡੂੰਘਾ । ਗੰਭੀਰ—ਧੀਰਜ ਵਾਲਾ । ਚੀਰਾ—ਪੱਲਾ, ਆਸਰਾ । ਧਨੁ ਧੀਰਾ—ਸਦਾ-ਥਿਰ ਰਹਿਣ ਵਾਲਾ ਧਨ । ਭੇਟੈ—ਮਿਲਦਾ ਹੈ । (ਭੇਟੈ ਗੁਰੁ—ਗੁਰੂ ਮਿਲਦਾ ਹੈ । ਭੇਟੈ ਗੁਰੁ—ਗੁਰੂ ਨੂੰ ਮਿਲਦਾ ਹੈ । ਵਿਆਕਰਣ ਅਨੁਸਾਰ ਇਸ ਲਫ਼ਜ਼ 'ਭੇਟੈ' ਦੀ ਵਰਤੋਂ ਗਹੁ ਨਾਲ ਸਮਝਣ-ਜੋਗ ਹੈ । ਸੋ, ਏਥੇ 'ਜੋ ਸੂਰਮੇ ਗੁਰੂ ਨੂੰ ਮਿਲਦਾ ਹੈ' ਅਰਥ ਕਰਨਾ ਗ਼ਲਤ ਹੈ) ।

ਅਰਥ:- ਮੇਰਾ ਮਾਲਕ ਪ੍ਰਭੂ ਬਹੁਤ ਹੀ ਵੱਡਾ ਹੈ, ਸਦਾ ਕਾਇਮ ਰਹਿਣ ਵਾਲਾ ਹੈ, ਡੂੰਘਾ ਹੈ ਤੇ ਧੀਰਜ ਵਾਲਾ ਹੈ, ਸਾਰਾ ਸੰਸਾਰ ਉਸ ਦੇ ਵੱਸ ਵਿਚ ਹੈ, ਸਾਰਾ ਜਗਤ ਉਸੇ ਦੇ ਆਸਰੇ ਹੈ । ਉਸ ਪ੍ਰਭੂ ਦਾ

ਨਾਮ-ਧਨ ਸਦਾ ਕਾਇਮ ਰਹਿਣ ਵਾਲਾ ਹੈ, ਅਟੱਲ ਹੈ, ਤੇ ਗੁਰੂ ਦੀ ਕਿਰਪਾ ਨਾਲ ਮਿਲਦਾ ਹੈ । ਪ੍ਰਭੂ ਦੀ ਮਿਹਰ ਨਾਲ ਸੂਰਮਾ ਗੁਰੂ ਮਿਲਦਾ ਹੈ ਤੇ ਹਰਿ-ਨਾਮ ਮਨ ਵਿਚ ਵੱਸਦਾ ਹੈ, ਉਸ ਸਦਾ-ਥਿਰ ਅਡੋਲ ਤੇ ਪੂਰੇ ਪ੍ਰਭੂ ਨੂੰ ਗੁਣ ਵਾਲਿਆਂ ਨੇ ਸਾਲਾਹਿਆ ਹੈ ।੭।

ਸਲੋਕੁ ਮਃ ੩ ॥ ਧ੍ਰਿਗੁ ਤਿਨ੍ਾ ਦਾ ਜੀਵਿਆ ਜੋ ਹਰਿ ਸੁਖੁ ਪਰਹਰਿ ਤਿਆਗਦੇ ਦੁਖੁ ਹਉਮੈ ਪਾਪ ਕਮਾਇ ॥ ਮਨਮੁਖ ਅਗਿਆਨੀ ਮਾਇਆ ਮੋਹਿ ਵਿਆਪੇ ਤਿਨ੍ ਬੂਝ ਨ ਕਾਈ ਪਾਇ ॥ ਹਲਤਿ ਪਲਤਿ ਓਇ ਸੁਖੁ ਨ ਪਾਵਹਿ ਅੰਤਿ ਗਏ ਪਛੁਤਾਇ ॥ ਗੁਰ ਪਰਸਾਦੀ ਕੋ ਨਾਮੁ ਧਿਆਏ ਤਿਸੁ ਹਉਮੈ ਵਿਚਹੁ ਜਾਇ ॥ ਨਾਨਕ ਜਿਸੁ ਪੂਰਬਿ ਹੋਵੈ ਲਿਖਿਆ ਸੋ ਗੁਰ ਚਰਣੀ ਆਇ ਪਾਇ ॥੧॥ {ਪੰਨਾ 511}

ਪਦਅਰਥ:- ਪਰਹਰਿ—ਛੱਡ ਕੇ । ਵਿਆਪੇ—ਫਸੇ ਹੋਏ । ਬੂਝ—ਸਮਝ, ਮੱਤ । ਹਲਤਿ—ਇਸ ਲੋਕ ਵਿਚ । ਪਲਤਿ—ਪਰ-ਲੋਕ ਵਿਚ । ਪੂਰਬਿ—ਸ਼ੁਰੂ ਤੋਂ ।

ਅਰਥ:- ਫਿਟੇ-ਮੂੰਹ ਉਹਨਾਂ ਦੇ ਜੀਊਣ ਨੂੰ, ਜੋ ਪਰਮਾਤਮਾ ਦੇ ਨਾਮ ਦਾ ਆਨੰਦ ਉੱਕਾ ਹੀ ਤਿਆਗ ਦੇਂਦੇ ਹਨ ਤੇ ਹਉਮੈ ਵਿਚ ਪਾਪ ਕਰ ਕੇ ਦੁਖ ਸਹੇੜਦੇ ਹਨ, ਅਜੇਹੇ ਜਾਹਲ ਮਨ ਦੇ ਪਿਛੇ ਤੁਰਦੇ ਹਨ, ਤੇ ਮਾਇਆ ਦੇ ਮੋਹ ਵਿਚ ਜਕੜੇ ਰਹਿੰਦੇ ਹਨ, ਉਹਨਾਂ ਨੂੰ ਕੋਈ ਮੱਤ ਨਹੀਂ ਹੁੰਦੀ । ਉਹਨਾਂ ਨੂੰ ਨਾਹ ਇਸ ਲੋਕ ਵਿਚ ਨਾਹ ਪਰਲੋਕ ਵਿਚ ਕੋਈ ਸੁਖ ਮਿਲਦਾ ਹੈ, ਮਰਨ ਵੇਲੇ ਭੀ ਹੱਥ ਮਲਦੇ ਹੀ ਜਾਂਦੇ ਹਨ ।

ਜੋ ਮਨੁੱਖ ਗੁਰੂ ਦੀ ਕਿਰਪਾ ਨਾਲ ਪ੍ਰਭੂ ਦਾ ਨਾਮ ਸਿਮਰਦਾ ਹੈ ਉਸ ਦੇ ਅੰਦਰੋਂ ਹਉਮੈ ਦੂਰ ਹੋ ਜਾਂਦੀ ਹੈ । ਹੇ ਨਾਨਕ! ਜਿਸ ਦੇ ਮੱਥੇ ਤੇ ਧੁਰੋਂ ਭਾਗ ਹੋਵੇ ਉਹ ਮਨੁੱਖ ਸਤਿਗੁਰੂ ਦੀ ਚਰਨੀਂ ਆ ਪੈਂਦਾ ਹੈ ।੧।

ਮਃ ੩ ॥ ਮਨਮੁਖੁ ਊਧਾ ਕਉਲੁ ਹੈ ਨਾ ਤਿਸੁ ਭਗਤਿ ਨ ਨਾਉ ॥ ਸਕਤੀ ਅੰਦਰਿ ਵਰਤਦਾ ਕੂੜੁ ਤਿਸ ਕਾ ਹੈ ਉਪਾਉ ॥ ਤਿਸ ਕਾ ਅੰਦਰੁ ਚਿਤੁ ਨ ਭਿਜਈ ਮੁਖਿ ਫੀਕਾ ਆਲਾਉ ॥ ਓਇ ਧਰਮਿ ਰਲਾਏ ਨਾ ਰਲਨਿ੍ ਓਨਾ ਅੰਦਰਿ ਕੂੜੁ ਸੁਆਉ ॥ ਨਾਨਕ ਕਰਤੈ ਬਣਤ ਬਣਾਈ ਮਨਮੁਖ ਕੂੜੁ ਬੋਲਿ ਬੋਲਿ ਡੁਬੇ ਗੁਰਮੁਖਿ ਤਰੇ ਜਪਿ ਹਰਿ ਨਾਉ ॥੨॥ {ਪੰਨਾ 511}

ਪਦਅਰਥ:- ਊਧਾ—ਉਲਟਾ । ਸਕਤੀ—ਮਾਇਆ । ਉਪਾਉ—ਉੱਦਮ । ਮੁਖਿ—ਮੂੰਹੋਂ । ਆਲਾਉ—ਆਲਾਪ, ਬੋਲ । ਧਰਮਿ—ਧਰਮ ਵਿਚ । ਰਲਾਏ—ਜੋੜੇ ਹੋਏ । ਸੁਆਉ—ਸੁਆਰਥ, ਖ਼ੁਦ-ਗ਼ਰਜ਼ੀ ।

(ਨੋਟ:- ਲਫ਼ਜ਼ 'ਅੰਦਰੁ' ਤੇ 'ਅੰਦਰਿ' ਦਾ ਫ਼ਰਕ ਚੇਤੇ ਰੱਖਣ-ਯੋਗ ਹੈ) ।

ਅਰਥ:- ਆਪ-ਹੁਦਰਾ ਮਨੁੱਖ (ਮਾਨੋ) ਉਲਟਾ ਕਉਲ-ਫੁੱਲ ਹੈ, ਇਸ ਵਿਚ ਨਾਹ ਭਗਤੀ ਹੈ ਨਾਹ ਸਿਮਰਨ, ਇਹ ਮਾਇਆ ਦੇ ਅਸਰ ਹੇਠ ਹੀ ਕਾਰ ਵਿਹਾਰ ਕਰਦਾ ਹੈ, ਕੂੜ (ਮਾਇਆ) ਹੀ ਇਸ ਦਾ ਪ੍ਰਯੋਜਨ (ਜ਼ਿੰਦਗੀ ਦਾ ਨਿਸ਼ਾਨਾ) ਹੈ, ਆਪ-ਹੁਦਰੇ ਮਨੁੱਖ ਦਾ ਅੰਦਰਲਾ ਭਿੱਜਦਾ ਨਹੀਂ, ਚਿੱਤ ਰੱਜਦਾ ਨਹੀਂ, ਮੂੰਹੋਂ ਭੀ ਫਿੱਕਾ ਬੋਲ ਹੀ ਬੋਲਦਾ ਹੈ ।

ਐਸੇ ਬੰਦੇ ਧਰਮ ਵਿਚ ਜੋੜੇ ਜੁੜਦੇ ਨਹੀਂ ਕਿਉਂਕਿ ਉਹਨਾਂ ਦੇ ਅੰਦਰ ਕੂੜ ਤੇ ਖ਼ੁਦਗ਼ਰਜ਼ੀ ਹੈ । ਹੇ

ਨਾਨਕ! ਕਰਤਾਰ ਨੇ ਐਸੀ ਖੇਡ ਰਚੀ ਹੈ ਕਿ ਮਨ ਦੇ ਪਿਛੇ ਤੁਰਨ ਵਾਲੇ ਬੰਦੇ ਤਾਂ ਝੂਠ ਬੋਲ ਬੋਲ ਕੇ ਗ਼ਰਕ ਹੁੰਦੇ ਹਨ ਤੇ ਗੁਰੂ ਦੇ ਸਨਮੁਖ ਰਹਿਣ ਵਾਲੇ ਨਾਮ ਜਪ ਕੇ (ਸ਼ਕਤੀ ਦੇ ਹੜ੍ਹ ਵਿਚੋਂ) ਤਰ ਜਾਂਦੇ ਹਨ ।੨।

ਪਉੜੀ ॥ ਬਿਨੁ ਬੂਝੇ ਵਡਾ ਫੇਰੁ ਪਇਆ ਫਿਰਿ ਆਵੈ ਜਾਈ ॥ ਸਤਿਗੁਰ ਕੀ ਸੇਵਾ ਨ ਕੀਤੀਆ ਅੰਤਿ ਗਇਆ ਪਛੁਤਾਈ ॥ ਆਪਣੀ ਕਿਰਪਾ ਕਰੇ ਗੁਰੁ ਪਾਈਐ ਵਿਚਹੁ ਆਪੁ ਗਵਾਈ ॥ ਤ੍ਰਿਸਨਾ ਭੁਖ ਵਿਚਹੁ ਉਤਰੈ ਸੁਖੁ ਵਸੈ ਮਨਿ ਆਈ ॥ ਸਦਾ ਸਦਾ ਸਾਲਾਹੀਐ ਹਿਰਦੈ ਲਿਵ ਲਾਈ ॥੮॥ {ਪੰਨਾ 511}

ਪਦਅਰਥ:- ਬਿਨੁ ਬੂਝੇ—(ਇਹ ਗੱਲ) ਸਮਝਣ ਤੋਂ ਬਿਨਾ (ਕਿ 'ਗੁਰ ਪਰਸਾਦੀ ਪਾਈਐ'—ਵੇਖੋ ਪਉੜੀ ਨੰ: ੭) । ਫੇਰੁ—ਗੇੜ, ਜਨਮ ਮਰਨ ਦਾ ਲੰਮਾ ਚੱਕਰ ।

ਅਰਥ:- (ਇਹ ਗੱਲ) ਸਮਝਣ ਤੋਂ ਬਿਨਾ (ਕਿ 'ਗੁਰ ਪਰਸਾਦੀ ਪਾਈਐ', ਮਨੁੱਖ ਨੂੰ) ਜਨਮ ਮਰਨ ਦਾ ਲੰਮਾ ਚੱਕਰ ਲਾਣਾ ਪੈਂਦਾ ਹੈ, ਮਨੁੱਖ ਮੁੜ ਮੁੜ ਜੰਮਦਾ ਮਰਦਾ ਹੈ, ਗੁਰੂ ਦੀ ਸੇਵਾ (ਸਾਰੀ ਉਮਰ ਹੀ) ਨਹੀਂ ਕਰਦਾ (ਭਾਵ, ਸਾਰੀ ਉਮਰ ਗੁਰੂ ਦੇ ਕਹੇ ਤੇ ਨਹੀਂ ਤੁਰਦਾ) ਆਖ਼ਰ (ਮਰਨ ਵੇਲੇ) ਹੱਥ ਮਲਦਾ ਜਾਂਦਾ ਹੈ ।

ਜਦੋਂ ਪ੍ਰਭੂ ਆਪਣੀ ਮਿਹਰ ਕਰਦਾ ਹੈ ਤਾਂ ਗੁਰੂ ਮਿਲਦਾ ਹੈ, ਅੰਦਰੋਂ ਆਪਾ-ਭਾਵ ਦੂਰ ਹੁੰਦਾ ਹੈ, ਮਾਇਆ ਦੀ ਤ੍ਰਿਸਨਾ ਭੁੱਖ ਵਿਚੋਂ ਉਤਰਦੀ ਹੈ, ਮਨ ਵਿਚ ਸੁਖ ਆ ਵੱਸਦਾ ਹੈ, ਤੇ ਸੁਰਤਿ ਜੋੜ ਕੇ ਸਦਾ ਹਿਰਦੇ ਵਿਚ ਪ੍ਰਭੂ ਸਿਮਰਿਆ ਜਾ ਸਕਦਾ ਹੈ ।੮।

ਸਲੋਕੁ ਮਃ ੩ ॥ ਜਿ ਸਤਿਗੁਰੁ ਸੇਵੇ ਆਪਣਾ ਤਿਸ ਨੋ ਪੂਜੇ ਸਭੁ ਕੋਇ ॥ ਸਭਨਾ ਉਪਾਵਾ ਸਿਰਿ ਉਪਾਉ ਹੈ ਹਰਿ ਨਾਮੁ ਪਰਾਪਤਿ ਹੋਇ ॥ ਅੰਤਰਿ ਸੀਤਲ ਸਾਤਿ ਵਸੈ ਜਪਿ ਹਿਰਦੈ ਸਦਾ ਸੁਖੁ ਹੋਇ ॥ ਅੰਮ੍ਰਿਤੁ ਖਾਣਾ ਅੰਮ੍ਰਿਤੁ ਪੈਨਣਾ ਨਾਨਕ ਨਾਮੁ ਵਡਾਈ ਹੋਇ ॥੧॥ {ਪੰਨਾ 511}

ਪਦਅਰਥ:- ਜਿ—ਜੋ ਮਨੁੱਖ । ਸਭੁ ਕੋਇ—ਹਰੇਕ ਪ੍ਰਾਣੀ । ਸੀਤਲ—ਸੀਤਲਤਾ, ਠੰਢ । ਸਾਤਿ—ਸ਼ਾਂਤੀ । ਅੰਮ੍ਰਿਤੁ—'ਨਾਮ' ।

ਅਰਥ:- ਜੋ ਮਨੁੱਖ ਆਪਣੇ ਗੁਰੂ ਦੇ ਕਹੇ ਤੇ ਤੁਰਦਾ ਹੈ, ਹਰੇਕ ਬੰਦਾ ਉਸ ਦਾ ਆਦਰ ਕਰਦਾ ਹੈ, ਸੋ, (ਜਗਤ ਵਿਚ ਭੀ ਮਾਣ ਹਾਸਲ ਕਰਨ ਲਈ) ਸਾਰੇ ਉਪਾਵਾਂ ਤੋਂ ਵੱਡਾ ਉਪਾਉ ਇਹੀ ਹੈ ਕਿ ਪ੍ਰਭੂ ਦਾ ਨਾਮ ਮਿਲ ਜਾਏ, 'ਨਾਮ' ਜਪਿਆਂ ਸਦਾ ਹਿਰਦੇ ਵਿਚ ਸੁਖ ਹੁੰਦਾ ਹੈ, ਮਨ ਵਿਚ ਠੰਢ ਤੇ ਸ਼ਾਂਤੀ ਆ ਵੱਸਦੀ ਹੈ । (ਗੁਰੂ ਦੀ ਆਗਿਆ ਵਿਚ ਤੁਰ ਕੇ 'ਨਾਮ' ਜਪਣ ਵਾਲੇ ਬੰਦੇ ਦੀ) ਖ਼ੁਰਾਕ ਤੇ ਪੁਸ਼ਾਕ ਅੰਮ੍ਰਿਤ (-ਨਾਮ) ਹੀ ਹੋ ਜਾਂਦੀ ਹੈ (ਭਾਵ, ਪ੍ਰਭੂ ਦਾ ਨਾਮ ਹੀ ਉਸਦੀ ਜ਼ਿੰਦਗੀ ਦਾ ਆਸਰਾ ਹੋ ਜਾਂਦਾ ਹੈ) ਹੇ ਨਾਨਕ! ਨਾਮ ਹੀ ਉਸ ਲਈ ਆਦਰ ਮਾਣ ਹੈ ।੧।

{ਨੋਟ:- ਅਗਲੇ ਸਲੋਕ ਤੇ ਪਉੜੀ ਵਿਚ 'ਅਨਦਿਨੁ ਲਾਗੈ ਧਿਆਨੁ' 'ਅਨਦਿਨੁ ਹਰਿ ਕੇ ਗੁਣ ਰਵੈ' ਤੁਕਾਂ ਦੇ ਨਾਲ ਇਹੀ ਭਾਵ ਰਲਦਾ ਹੈ ਕਿ 'ਨਾਮ' ਉਸ ਮਨੁੱਖ ਦਾ ਜੀਵਨ-ਆਧਾਰ ਬਣ ਜਾਂਦਾ ਹੈ । ਸੋ ਏਥੇ ਲਫ਼ਜ਼ 'ਅੰਮ੍ਰਿਤ' ਦਾ ਅਰਥ 'ਪਵਿਤ੍ਰ' ਢੁਕਦਾ ਨਹੀਂ ਹੈ ।}

ਮਃ ੩ ॥ ਏ ਮਨ ਗੁਰ ਕੀ ਸਿਖ ਸੁਣਿ ਹਰਿ ਪਾਵਹਿ ਗੁਣੀ ਨਿਧਾਨੁ ॥ ਹਰਿ ਸੁਖਦਾਤਾ ਮਨਿ ਵਸੈ ਹਉਮੈ ਜਾਇ ਗੁਮਾਨੁ ॥ ਨਾਨਕ ਨਦਰੀ ਪਾਈਐ ਤਾ ਅਨਦਿਨੁ ਲਾਗੈ ਧਿਆਨੁ ॥੨॥ {ਪੰਨਾ 512}

ਅਰਥ:- ਹੇ ਮੇਰੇ ਮਨ! ਸਤਿਗੁਰੂ ਦੀ ਸਿੱਖਿਆ ਸੁਣ (ਭਾਵ, ਸਿੱਖਿਆ ਤੇ ਤੁਰ) ਤੈਨੂੰ ਗੁਣਾਂ ਦਾ ਖ਼ਜ਼ਾਨਾ ਪ੍ਰਭੂ ਮਿਲ ਪਏਗਾ; ਸੁਖਾਂ ਦਾ ਦਾਤਾ ਪਰਮਾਤਮਾ ਮਨ ਵਿਚ ਆ ਵੱਸੇਗਾ, ਹਉਮੈ ਅਹੰਕਾਰ ਨਾਸ ਹੋ ਜਾਇਗਾ ।

ਹੇ ਨਾਨਕ! ਜਦੋਂ ਪ੍ਰਭੂ ਆਪਣੀ ਮਿਹਰ ਦੀ ਨਜ਼ਰ ਨਾਲ ਮਿਲਦਾ ਹੈ ਤਾਂ ਹਰ ਵੇਲੇ ਸੁਰਤਿ ਉਸ ਵਿਚ ਜੁੜੀ ਰਹਿੰਦੀ ਹੈ ।੨।

ਪਉੜੀ ॥ ਸਤੁ ਸੰਤੋਖੁ ਸਭੁ ਸਚੁ ਹੈ ਗੁਰਮੁਖਿ ਪਵਿਤਾ ॥ ਅੰਦਰਹੁ ਕਪਟੁ ਵਿਕਾਰੁ ਗਇਆ ਮਨੁ ਸਹਜੇ ਜਿਤਾ ॥ ਤਹ ਜੋਤਿ ਪ੍ਰਗਾਸੁ ਅਨੰਦ ਰਸੁ ਅਗਿਆਨੁ ਗਵਿਤਾ ॥ ਅਨਦਿਨੁ ਹਰਿ ਕੇ ਗੁਣ ਰਵੈ ਗੁਣ ਪਰਗਟੁ ਕਿਤਾ ॥ ਸਭਨਾ ਦਾਤਾ ਏਕੁ ਹੈ ਇਕੋ ਹਰਿ ਮਿਤਾ ॥੯॥ {ਪੰਨਾ 512}

ਪਦਅਰਥ:- ਸਭੁ—ਹਰ ਥਾਂ । ਸਚੁ—ਸਦਾ ਕਾਇਮ ਰਹਿਣ ਵਾਲਾ ਪ੍ਰਭੂ । ਗੁਰਮੁਖਿ—ਜੋ ਮਨੁੱਖ ਗੁਰੂ ਦੇ ਸਨਮੁਖ ਹੈ । ਸਹਿਜੇ—ਸੌਖਾ ਹੀ । ਤਹ—ਓਥੇ, ਉਸ ਅਵਸਥਾ ਵਿਚ । ਅਨੰਦ ਰਸੁ—ਆਤਮਕ ਅਨੰਦ ਦੀ ਚਾਟ ।

ਅਰਥ:- ਜੋ ਮਨੁੱਖ ਗੁਰੂ ਦਾ ਹੋ ਕੇ ਰਹਿੰਦਾ ਹੈ ਉਹ ਪਵਿਤ੍ਰ (ਜੀਵਨ ਵਾਲਾ) ਹੋ ਜਾਂਦਾ ਹੈ, ਉਸ ਨੂੰ ਸਤ ਸੰਤੋਖ ਪ੍ਰਾਪਤ ਹੁੰਦਾ ਹੈ, ਹਰ ਥਾਂ ਪ੍ਰਭੂ ਦਿੱਸਦਾ ਹੈ; ਉਸ ਦੇ ਮਨ ਵਿਚੋਂ ਖੋਟ ਤੇ ਵਿਕਾਰ ਦੂਰ ਹੋ ਜਾਂਦਾ ਹੈ, ਉਹ ਸੌਖੇ ਹੀ ਮਨ ਨੂੰ ਵੱਸ ਕਰ ਲੈਂਦਾ ਹੈ; ਇਸ ਅਵਸਥਾ ਵਿਚ (ਅੱਪੜ ਕੇ ਉਸ ਦੇ ਅੰਦਰ ਪਰਮਾਤਮਾ ਦੀ) ਜੋਤਿ ਦਾ ਪ੍ਰਕਾਸ਼ ਹੋ ਜਾਂਦਾ ਹੈ, ਆਤਮਕ ਆਨੰਦ ਦੀ ਉਸ ਨੂੰ ਚਾਟ ਲੱਗ ਜਾਂਦੀ ਹੈ ਤੇ ਅਗਿਆਨ ਦੂਰ ਹੋ ਜਾਂਦਾ ਹੈ, (ਫਿਰ) ਉਹ ਹਰ ਵੇਲੇ ਪਰਮਾਤਮਾ ਦੇ ਗੁਣ ਗਾਉਂਦਾ ਹੈ, (ਰੱਬੀ) ਗੁਣ ਉਸ ਦੇ ਅੰਦਰ ਪਰਗਟ ਹੋ ਜਾਂਦੇ ਹਨ; (ਉਸ ਨੂੰ ਇਹ ਯਕੀਨ ਬਣ ਜਾਂਦਾ ਹੈ ਕਿ) ਇਕ ਪ੍ਰਭੂ ਸਾਰੇ ਜੀਵਾਂ ਦਾ ਦਾਤਾ ਹੈ ਤੇ ਮਿੱਤਰ ਹੈ ।੯।

ਸਲੋਕੁ ਮਃ ੩ ॥ ਬ੍ਰਹਮੁ ਬਿੰਦੇ ਸੋ ਬ੍ਰਾਹਮਣੁ ਕਹੀਐ ਜਿ ਅਨਦਿਨੁ ਹਰਿ ਲਿਵ ਲਾਏ ॥ ਸਤਿਗੁਰ ਪੁਛੈ ਸਚੁ ਸੰਜਮੁ ਕਮਾਵੈ ਹਉਮੈ ਰੋਗੁ ਤਿਸੁ ਜਾਏ ॥ ਹਰਿ ਗੁਣ ਗਾਵੈ ਗੁਣ ਸੰਗ੍ਰਹੈ ਜੋਤੀ ਜੋਤਿ ਮਿਲਾਏ ॥ ਇਸੁ ਜੁਗ ਮਹਿ ਕੋ ਵਿਰਲਾ ਬ੍ਰਹਮ ਗਿਆਨੀ ਜਿ ਹਉਮੈ ਮੇਟਿ ਸਮਾਏ ॥ ਨਾਨਕ ਤਿਸ ਨੋ ਮਿਲਿਆ ਸਦਾ ਸੁਖੁ ਪਾਈਐ ਜਿ ਅਨਦਿਨੁ ਹਰਿ ਨਾਮੁ ਧਿਆਏ ॥੧॥ {ਪੰਨਾ 512}

ਪਦਅਰਥ:- ਬ੍ਰਹਮੁ—ਪਰਮਾਤਮਾ । ਬਿੰਦੇ—ਜਾਣੇ । ਜਿ—ਜੋ । ਸਤਿਗੁਰ ਪੁਛੈ—ਸਤਿਗੁਰੂ ਨੂੰ ਪੁੱਛੇ । ਸੰਜਮੁ—ਬੰਦਸ਼, ਪਾਬੰਦੀ, ਮਰਯਾਦਾ । ਸੰਗ੍ਰਹੈ—ਇਕੱਠੇ ਕਰੇ । ਜੁਗ—ਭਾਵ, ਮਨੁੱਖਾ ਜਨਮ {ਨੋਟ:- ਕਿਸੇ ਖ਼ਾਸ 'ਜੁਗ' ਦਾ ਜ਼ਿਕਰ ਨਹੀਂ ਚੱਲ ਰਿਹਾ} ।

ਅਰਥ:- ਜੋ ਮਨੁੱਖ ਬ੍ਰਹਮ ਨੂੰ ਬਿੰਦਦਾ ਹੈ (ਪਰਮਾਤਮਾ ਨੂੰ ਪਛਾਣਦਾ ਹੈ) ਜੋ ਹਰ ਵੇਲੇ ਪਰਮਾਤਮਾ ਵਿਚ ਸੁਰਤਿ ਜੋੜਦਾ ਹੈ ਉਸ ਨੂੰ ਬ੍ਰਾਹਮਣ ਕਹਿਣਾ ਚਾਹੀਦਾ ਹੈ, (ਉਹ ਬ੍ਰਾਹਮਣ) ਸਤਿਗੁਰੂ ਦੇ ਕਹੇ ਤੇ ਤੁਰਦਾ ਹੈ 'ਸੱਚ' ਰੂਪ ਸੰਜਮ ਰੱਖਦਾ ਹੈ, (ਤੇ ਇਸ ਤਰ੍ਹਾਂ) ਉਸ ਦਾ ਹਉਮੈ-ਰੋਗ ਦੂਰ ਹੁੰਦਾ ਹੈ; ਉਹ ਹਰੀ ਦੇ ਗੁਣ ਗਾਉਂਦਾ ਹੈ, (ਰੱਬੀ) ਗੁਣ ਇਕੱਤ੍ਰ ਕਰਦਾ ਹੈ ਤੇ ਪਰਮ-ਜੋਤਿ ਵਿਚ ਆਪਣੀ ਆਤਮਾ ਮਿਲਾਈ ਰੱਖਦਾ ਹੈ ।

ਮਨੁੱਖ ਜਨਮ ਵਿਚ ਕੋਈ ਵਿਰਲਾ ਬ੍ਰਹਮ ਨੂੰ ਜਾਣਨ ਵਾਲਾ ਹੈ ਜੋ ਹਉਮੈ ਦੂਰ ਕਰ ਕੇ ਬ੍ਰਹਮ ਵਿਚ ਜੁੜਿਆ ਰਹਿੰਦਾ ਹੈ । ਹੇ ਨਾਨਕ! ਜੋ (ਬ੍ਰਹਮਗਿਆਨੀ ਬ੍ਰਾਹਮਣ) ਹਰ ਵੇਲੇ ਨਾਮ ਸਿਮਰਦਾ ਹੈ ਉਸ ਨੂੰ ਮਿਲਿਆਂ ਸਦਾ ਸੁਖ ਮਿਲਦਾ ਹੈ ।੧।

ਮਃ ੩ ॥ ਅੰਤਰਿ ਕਪਟੁ ਮਨਮੁਖ ਅਗਿਆਨੀ ਰਸਨਾ ਝੂਠੁ ਬੋਲਾਇ ॥ ਕਪਟਿ ਕੀਤੈ ਹਰਿ ਪੁਰਖੁ ਨ ਭੀਜੈ ਨਿਤ ਵੇਖੈ ਸੁਣੈ ਸੁਭਾਇ ॥ ਦੂਜੈ ਭਾਇ ਜਾਇ ਜਗੁ ਪਰਬੋਧੈ ਬਿਖੁ ਮਾਇਆ ਮੋਹ ਸੁਆਇ ॥ ਇਤੁ ਕਮਾਣੈ ਸਦਾ ਦੁਖੁ ਪਾਵੈ ਜੰਮੈ ਮਰੈ ਫਿਰਿ ਆਵੈ ਜਾਇ ॥ ਸਹਸਾ ਮੂਲਿ ਨ ਚੁਕਈ ਵਿਚਿ ਵਿਸਟਾ ਪਚੈ ਪਚਾਇ ॥ ਜਿਸ ਨੋ ਕ੍ਰਿਪਾ ਕਰੇ ਮੇਰਾ ਸੁਆਮੀ ਤਿਸੁ ਗੁਰ ਕੀ ਸਿਖ ਸੁਣਾਇ ॥ ਹਰਿ ਨਾਮੁ ਧਿਆਵੈ ਹਰਿ ਨਾਮੋ ਗਾਵੈ ਹਰਿ ਨਾਮੋ ਅੰਤਿ ਛਡਾਇ ॥੨॥ {ਪੰਨਾ 512}

ਪਦਅਰਥ:- ਰਸਨਾ—ਜੀਭ ਨਾਲ । ਕਪਟਿ ਕੀਤੈ—ਕਪਟ ਕੀਤਿਆਂ {ਨੋਟ:- ਲਫ਼ਜ਼ 'ਕਪਟਿ' ਵਿਆਕਰਣ ਅਨੁਸਾਰ 'ਅਧਿਕਰਣ ਕਾਰਕ' ਹੈ, ਲਫ਼ਜ਼ 'ਕੀਤੈ' ਭੀ ਏਸੇ 'ਕਾਰਕ' ਵਿਚ ਹੈ । ਅੰਗਰੇਜ਼ੀ ਵਿਚ ਇਸ ਬਨਾਵਟ ਨੂੰ Locative Absolute ਕਹੀਦਾ ਹੈ; ਸੰਸਕ੍ਰਿਤ ਵਿਚ ਇਹ ਵਿਆਕਰਣਿਕ ਬਣਤਰ ਬਹੁਤ ਮਿਲਦੀ ਹੈ, ਓਥੋਂ ਹੀ ਇਹ ਪੁਰਾਣੀ ਪੰਜਾਬੀ ਵਿਚ ਆਈ । ਸੋ ਏਥੇ 'ਕਪਟਿ' ਦਾ ਅਰਥ 'ਕਪਟ ਨਾਲ' ਕਰਨਾ ਗ਼ਲਤ ਹੈ} । ਸੁਭਾਇ—ਸੁਤੇ ਹੀ । ਪਰਬੋਧੈ—ਜਗਾਂਦਾ ਹੈ, ਉਪਦੇਸ਼ ਕਰਦਾ ਹੈ । ਸੁਆਇ—ਸੁਆਰਥ ਨਾਲ । ਇਤੁ ਕਮਾਣੈ—ਇਹ ਕਮਾਇਆਂ {ਨੋਟ:- 'ਇਤੁ' ਪੜਨਾਂਵ 'ਇਸੁ' ਤੋਂ ਅਧਿਕਰਣ ਕਾਰਕ, ਇਕ-ਵਚਨ ਹੈ, ਜਿਵੇਂ ਉਪਰ ਲਫ਼ਜ਼ 'ਕਪਟਿ' ਹੈ । 'ਕਮਾਣੈ' ਭੀ ਏਸੇ ਕਾਰਕ ਵਿਚ ਹੈ} । ਸਹਸਾ—ਤੌਖਲਾ । ਨਾਮੋ—ਨਾਮ ਹੀ ।

ਅਰਥ:- ਆਪਣੇ ਮਨ ਦੇ ਪਿਛੇ ਤੁਰਨ ਵਾਲਾ ਮਨੁੱਖ ਜਾਹਲ ਹੈ, ਉਸ ਦੇ ਅੰਦਰ ਖੋਟ ਹੈ ਤੇ ਜੀਭ ਨਾਲ ਝੂਠ (ਭਾਵ, ਅੰਦਰਲੇ ਖੋਟ ਦੇ ਉਲਟ) ਬੋਲਦਾ ਹੈ (ਭਾਵ, ਅੰਦਰੋਂ ਹੋਰ ਤੇ ਬਾਹਰੋਂ ਹੋਰ); (ਇਸ ਤਰ੍ਹਾਂ) ਠੱਗੀ ਕੀਤਿਆਂ ਪਰਮਾਤਮਾ ਪ੍ਰਸੰਨ ਨਹੀਂ ਹੁੰਦਾ, (ਕਿਉਂਕਿ) ਉਹ ਸੁਤੇ ਹੀ (ਅਸਾਡਾ ਹਰੇਕ ਲੁਕਵਾਂ ਕੰਮ ਭੀ) ਵੇਖਦਾ ਹੈ ਤੇ (ਲੁਕਵਾਂ ਬੋਲ ਤੇ ਖ਼ਿਆਲ ਭੀ) ਸੁਣਦਾ ਹੈ । ਮਨਮੁਖ (ਆਪ) ਮਾਇਆ ਦੇ ਮੋਹ ਵਿਚ ਹੈ ਪਰ ਜਾ ਕੇ ਲੋਕਾਂ ਨੂੰ ਉਪਦੇਸ਼ ਕਰਦਾ ਹੈ, ਇਹ ਕਰਤੂਤ ਕੀਤਿਆਂ ਉਹ ਸਦਾ ਦੁੱਖ ਪਾਂਦਾ ਹੈ, ਜੰਮਦਾ ਹੈ, ਮਰਦਾ ਹੈ, ਮੁੜ ਜੰਮਦਾ ਹੈ ਮਰਦਾ ਹੈ, ਉਸ ਦਾ ਅੰਦਰਲਾ ਤੌਖਲਾ ਕਦੇ ਮਿਟਦਾ ਹੀ ਨਹੀਂ, ਉਹ ਮਾਨੋ, ਮੈਲੇ ਵਿਚ ਪਿਆ ਸੜਦਾ ਰਹਿੰਦਾ ਹੈ ।

ਪਰ, ਜਿਸ ਮਨੁੱਖ ਉਤੇ ਮੇਰਾ ਮਾਲਕ ਮਿਹਰ ਕਰਦਾ ਹੈ ਉਸ ਨੂੰ ਗੁਰੂ ਦਾ ਉਪਦੇਸ਼ ਸੁਣਾਂਦਾ ਹੈ; ਉਹ ਮਨੁੱਖ ਪ੍ਰਭੂ ਦਾ ਨਾਮ ਸਿਮਰਦਾ ਹੈ, ਨਾਮ ਹੀ ਗਾਉਂਦਾ ਹੈ, ਨਾਮ ਹੀ ਉਸ ਨੂੰ ਆਖ਼ਰ (ਇਸ ਸਹਸੇ ਤੋਂ) ਛੁਡਾਂਦਾ ਹੈ ।੨।

ਪਉੜੀ ॥ ਜਿਨਾ ਹੁਕਮੁ ਮਨਾਇਓਨੁ ਤੇ ਪੂਰੇ ਸੰਸਾਰਿ ॥ ਸਾਹਿਬੁ ਸੇਵਨ੍ਹਿ ਆਪਣਾ ਪੂਰੈ ਸਬਦਿ ਵੀਚਾਰਿ ॥ ਹਰਿ ਕੀ ਸੇਵਾ ਚਾਕਰੀ ਸਚੈ ਸਬਦਿ ਪਿਆਰਿ ॥ ਹਰਿ ਕਾ ਮਹਲੁ ਤਿਨ੍ਹੀ ਪਾਇਆ ਜਿਨ੍ਹ ਹਉਮੈ ਵਿਚਹੁ ਮਾਰਿ ॥ ਨਾਨਕ ਗੁਰਮੁਖਿ ਮਿਲਿ ਰਹੇ ਜਪਿ ਹਰਿ ਨਾਮਾ ਉਰ ਧਾਰਿ ॥੧੦॥ {ਪੰਨਾ 512}

ਪਦਅਰਥ:- ਮਨਾਇਓਨੁ—ਮਨਾਇਆ ਉਸ ਨੇ । ਪੂਰੇ—ਸਰਬ ਗੁਣ-ਸੰਪੂਰਣ । ਸਬਦਿ—ਸਬਦ ਵਿਚ । ਵੀਚਾਰਿ—ਵਿਚਾਰ ਕਰਨ ਨਾਲ । ਚਾਕਰ—ਸੇਵਾ । ਮਹਲੁ—ਘਰ, ਹਜ਼ੂਰੀ । ਉਰ—ਹਿਰਦਾ ।

ਅਰਥ:- ਉਹ ਮਨੁੱਖ ਜਗਤ ਵਿਚ ਪੂਰੇ ਭਾਂਡੇ ਹਨ ਜਿਨ੍ਹਾਂ ਤੋਂ ਪਰਮਾਤਮਾ (ਆਪਣਾ) ਹੁਕਮ ਮਨਾਂਦਾ ਹੈ, ਉਹ ਬੰਦੇ ਪੂਰੇ ਗੁਰੂ ਦੇ ਸ਼ਬਦ ਵਿਚ ਚਿੱਤ ਜੋੜ ਕੇ ਆਪਣੇ ਮਾਲਕ ਦੀ ਬੰਦਗੀ ਕਰਦੇ ਹਨ, ਪ੍ਰਭੂ ਦੀ ਬੰਦਗੀ ਹੋ ਹੀ ਤਾਂ ਸਕਦੀ ਹੈ ਜੇ ਸੱਚੇ ਸ਼ਬਦ ਵਿਚ ਪਿਆਰ ਪਾਈਏ, (ਲਫ਼ਜ਼ੀ—ਸੱਚੇ ਸ਼ਬਦ ਵਿਚ ਪਿਆਰ ਦੀ ਰਾਹੀਂ) । ਜੋ ਮਨੁੱਖ ਅੰਦਰੋਂ ਹਉਮੈ ਨੂੰ ਮਾਰਦੇ ਹਨ ਉਹਨਾਂ ਨੂੰ ਪਰਮਾਤਮਾ ਦੀ ਹਜ਼ੂਰੀ ਪ੍ਰਾਪਤ ਹੁੰਦੀ ਹੈ ।

ਹੇ ਨਾਨਕ! ਗੁਰੂ ਦੇ ਸਨਮੁਖ ਰਹਿਣ ਵਾਲੇ ਬੰਦੇ ਪਰਮਾਤਮਾ ਦਾ ਨਾਮ ਹਿਰਦੇ ਵਿਚ ਪਰੋ ਕੇ ਤੇ ਨਾਮ ਜਪ ਕੇ ਪਰਮਾਤਮਾ ਵਿਚ ਜੁੜੇ ਰਹਿੰਦੇ ਹਨ ।੧੦।

ਸਲੋਕੁ ਮਃ ੩ ॥ ਗੁਰਮੁਖਿ ਧਿਆਨ ਸਹਜ ਧੁਨਿ ਉਪਜੈ ਸਚਿ ਨਾਮਿ ਚਿਤੁ ਲਾਇਆ ॥ ਗੁਰਮੁਖਿ ਅਨਦਿਨੁ ਰਹੈ ਰੰਗਿ ਰਾਤਾ ਹਰਿ ਕਾ ਨਾਮੁ ਮਨਿ ਭਾਇਆ ॥ ਗੁਰਮੁਖਿ ਹਰਿ ਵੇਖਹਿ ਗੁਰਮੁਖਿ ਹਰਿ ਬੋਲਹਿ ਗੁਰਮੁਖਿ ਹਰਿ ਸਹਜਿ ਰੰਗੁ ਲਾਇਆ ॥ ਨਾਨਕ ਗੁਰਮੁਖਿ ਗਿਆਨੁ ਪਰਾਪਤਿ ਹੋਵੈ ਤਿਮਰ ਅਗਿਆਨੁ ਅਧੇਰੁ ਚੁਕਾਇਆ ॥ ਜਿਸ ਨੋ ਕਰਮੁ ਹੋਵੈ ਧੁਰਿ ਪੂਰਾ ਤਿਨਿ ਗੁਰਮੁਖਿ ਹਰਿ ਨਾਮੁ ਧਿਆਇਆ ॥੧॥ {ਪੰਨਾ 512}

ਪਦਅਰਥ:- ਧੁਨਿ—ਸੁਰ, ਰੌ । ਧਿਆਨੁ—ਜੁੜੀ ਹੋਈ ਸੁਰਤਿ । ਸਹਜ ਧੁਨਿ—ਸਹਜ ਦੀ ਧੁਨਿ, ਅਡੋਲਤਾ ਦੀ ਰੌ । ਧਿਆਨ ਧੁਨਿ—ਜੁੜੀ ਸੁਰਤਿ ਦੀ ਰੌ । ਸਹਜਿ—ਸਹਜ ਵਿਚ, ਅਡੋਲਤਾ ਵਿਚ । ਰੰਗੁ—ਪਿਆਰ । ਤਿਮਰੁ—ਹਨੇਰਾ । ਕਰਮੁ—ਬਖ਼ਸ਼ਸ਼ । ਧੁਰਿ—ਧੁਰੋਂ, ਰੱਬ ਵਲੋਂ । ਤਿਨਿ—ਉਸ ਨੇ । ਤਿਨਿ ਗੁਰਮੁਖਿ—ਉਸ ਗੁਰਮੁਖ ਨੇ ।

ਅਰਥ:- ਜੋ ਮਨੁੱਖ ਗੁਰੂ ਦੇ ਸਨਮੁਖ ਹੁੰਦਾ ਹੈ ਉਸ ਦੇ ਅੰਦਰ ਜੁੜੀ-ਸੁਰਤਿ ਤੇ ਅਡੋਲਤਾ ਦੀ ਰੌ ਚੱਲ ਪੈਂਦੀ ਹੈ, ਉਹ ਸੱਚੇ ਨਾਮ ਵਿਚ ਚਿੱਤ ਜੋੜੀ ਰੱਖਦਾ ਹੈ, ਹਰ ਵੇਲੇ ਪ੍ਰਭੂ ਦਾ ਨਾਮ ਉਸ ਨੂੰ ਮਨ ਵਿਚ ਮਿੱਠਾ ਲੱਗਦਾ ਹੈ ।

ਗੁਰਮੁਖ ਬੰਦੇ ਰੱਬ ਨੂੰ ਹੀ (ਹਰ ਥਾਂ) ਵੇਖਦੇ ਹਨ, ਰੱਬ ਦੀ ਸਿਫ਼ਤਿ ਹੀ (ਹਰ ਵੇਲੇ) ਉਚਾਰਦੇ ਹਨ, ਤੇ ਰੱਬੀ ਮੇਲ ਵਾਲੀ ਅਡੋਲਤਾ ਵਿਚ ਪਿਆਰ ਪਾਂਦੇ ਹਨ ।

ਹੇ ਨਾਨਕ! ਗੁਰਮੁਖ ਨੂੰ ਉੱਚੀ ਸਮਝ ਪ੍ਰਾਪਤ ਹੁੰਦੀ ਹੈ, ਉਸ ਦਾ ਅਗਿਆਨ-ਰੂਪ ਘੁੱਪ ਹਨੇਰਾ ਦੂਰ ਹੋ ਜਾਂਦਾ ਹੈ; ਉਸੇ ਗੁਰਮੁਖ ਨੇ ਨਾਮ ਜਪਿਆ ਹੈ ਜਿਸ ਉਤੇ ਧੁਰੋਂ (ਕਰਤਾਰ ਵਲੋਂ) ਪੂਰੀ ਮਿਹਰ ਹੋਈ ਹੈ

।੧।

ਮਃ ੩ ॥ ਸਤਿਗੁਰੁ ਜਿਨਾ ਨ ਸੇਵਿਓ ਸਬਦਿ ਨ ਲਗੋ ਪਿਆਰੁ ॥ ਸਹਜੇ ਨਾਮੁ ਨ ਧਿਆਇਆ ਕਿਤੁ ਆਇਆ ਸੰਸਾਰਿ ॥ ਫਿਰਿ ਫਿਰਿ ਜੂਨੀ ਪਾਈਐ ਵਿਸਟਾ ਸਦਾ ਖੁਆਰੁ ॥ ਕੂੜੈ ਲਾਲਚਿ ਲਗਿਆ ਨਾ ਉਰਵਾਰੁ ਨ ਪਾਰੁ ॥ ਨਾਨਕ ਗੁਰਮੁਖਿ ਉਬਰੇ ਜਿ ਆਪਿ ਮੇਲੇ ਕਰਤਾਰਿ ॥੨॥ {ਪੰਨਾ 512}

ਪਦਅਰਥ:- ਕਿਤੁ—ਕਿਸ ਲਈ (ਨੋਟ:- 'ਕਿਤੁ' ਵਿਆਕਰਣ ਅਨੁਸਾਰ ਲਫ਼ਜ਼ 'ਕਿਸੁ' ਤੋਂ 'ਕਰਣ ਕਾਰਕ' ਹੈ, 'ਅਧਿਕਰਣ' ਵਿਚ ਭੀ ਇਹੀ ਰੂਪ ਹੁੰਦਾ ਹੈ, ਜਿਵੇਂ, 'ਇਸੁ' ਤੋਂ 'ਇਤੁ') । ਉਰਵਾਰੁ—ਉਰਲਾ ਬੰਨਾ । ਪਾਰੁ—ਪਾਰਲਾ ਪਾਸਾ । ਜਿ—ਜੋ । ਕਰਤਾਰਿ—ਕਰਤਾਰ ਨੇ ।

ਅਰਥ:- ਜਿਨ੍ਹਾਂ ਮਨੁੱਖਾਂ ਨੇ ਗੁਰੂ ਦਾ ਹੁਕਮ ਨਹੀਂ ਮੰਨਿਆ, ਜਿਨ੍ਹਾਂ ਦਾ ਗੁਰ-ਸ਼ਬਦ ਵਿਚ ਪਿਆਰ ਨਹੀਂ ਬਣਿਆ, ਜਿਨ੍ਹਾਂ ਸ਼ਾਂਤ-ਚਿੱਤ ਹੋ ਕੇ ਨਾਮ ਨਹੀਂ ਸਿਮਰਿਆ, ਉਹ ਜਗਤ ਵਿਚ ਕਾਹਦੇ ਲਈ ਆਏ? ਅਜੇਹਾ ਬੰਦਾ ਮੁੜ ਮੁੜ ਜੂਨ ਵਿਚ ਪੈਂਦਾ ਹੈ, ਉਹ ਮਾਨੋ, ਮੈਲੇ ਵਿਚ ਪੈ ਕੇ ਦੁਖੀ ਹੋ ਰਿਹਾ ਹੈ ।

(ਗੁਰੂ ਤੇ ਪਰਮਾਤਮਾ ਨੂੰ ਵਿਸਾਰ ਕੇ) ਝੂਠੇ-ਲਾਲਚ ਵਿਚ ਫਸਿਆਂ (ਫਸੇ ਹੀ ਰਹੀਦਾ ਹੈ, ਕਿਉਂਕਿ ਇਸ ਲਾਲਚ ਦਾ) ਨਾਹ ਉਰਲਾ ਬੰਨਾ ਲੱਭਦਾ ਹੈ ਨਾਹ ਪਰਲਾ ਬੰਨਾ । ਹੇ ਨਾਨਕ! ਜਿਨ੍ਹਾਂ ਗੁਰਮੁਖਾਂ ਨੂੰ ਕਰਤਾਰ ਨੇ ਆਪ (ਆਪਣੇ ਨਾਲ) ਜੋੜਿਆ ਹੈ ਉਹੀ ਇਸ (ਲਾਲਚ-ਰੂਪ ਸਮੁੰਦਰ) ਵਿਚੋਂ ਬਚ ਕੇ ਨਿਕਲਦੇ ਹਨ ।੨।

ਪਉੜੀ ॥ ਭਗਤ ਸਚੈ ਦਰਿ ਸੋਹਦੇ ਸਚੈ ਸਬਦਿ ਰਹਾਏ ॥ ਹਰਿ ਕੀ ਪ੍ਰੀਤਿ ਤਿਨ ਊਪਜੀ ਹਰਿ ਪ੍ਰੇਮ ਕਸਾਏ ॥ ਹਰਿ ਰੰਗਿ ਰਹਹਿ ਸਦਾ ਰੰਗਿ ਰਾਤੇ ਰਸਨਾ ਹਰਿ ਰਸੁ ਪਿਆਏ ॥ ਸਫਲੁ ਜਨਮੁ ਜਿਨ੍ਹੀ ਗੁਰਮੁਖਿ ਜਾਤਾ ਹਰਿ ਜੀਉ ਰਿਦੈ ਵਸਾਏ ॥ ਬਾਝੁ ਗੁਰੂ ਫਿਰੈ ਬਿਲਲਾਦੀ ਦੂਜੈ ਭਾਇ ਖੁਆਏ ॥੧੧॥ {ਪੰਨਾ 513}

ਪਦਅਰਥ:- ਰਹਾਏ—ਟਿਕਾਏ ਹੋਏ । ਪ੍ਰੇਮ ਕਸਾਏ—ਪ੍ਰੇਮ ਦੇ ਖਿੱਚੇ ਹੋਏ । ਦੂਜੈ ਭਾਇ—(ਰੱਬ ਤੋਂ ਬਿਨਾ) ਹੋਰ ਦੇ ਪਿਆਰ ਵਿਚ । ਖੁਆਏ—ਖੁੰਝੀ ਹੋਈ । ਦਰਿ—ਦਰ ਤੇ ।

ਅਰਥ:- ਬੰਦਗੀ ਕਰਨ ਵਾਲੇ ਸੱਚੇ ਪ੍ਰਭੂ ਦੀ ਹਜ਼ੂਰੀ ਵਿਚ ਸੋਭਦੇ ਹਨ, (ਪ੍ਰਭੂ ਦੀ ਹਜ਼ੂਰੀ ਵਿਚ ਉਹ) ਸੱਚੇ ਸ਼ਬਦ ਦੀ ਰਾਹੀਂ ਟਿਕੇ ਰਹਿੰਦੇ ਹਨ, ਉਹਨਾਂ ਦੇ ਅੰਦਰ ਪ੍ਰਭੂ ਦਾ ਪਿਆਰ ਪੈਦਾ ਹੁੰਦਾ ਹੈ, (ਉਹ) ਪ੍ਰਭੂ ਦੇ ਪਿਆਰ ਦੇ ਖਿੱਚੇ ਹੋਏ (ਹਨ), ਉਹ ਸਦਾ ਪ੍ਰਭੂ ਦੇ ਪਿਆਰ ਵਿਚ ਰਹਿੰਦੇ ਹਨ, ਪ੍ਰਭੂ ਦੇ ਰੰਗ ਵਿਚ ਰੱਤੇ ਰਹਿੰਦੇ ਹਨ ਤੇ ਜੀਭ ਨਾਲ ਪ੍ਰਭੂ ਦਾ ਨਾਮ-ਰਸ ਪੀਂਦੇ ਹਨ । ਜਿਨ੍ਹਾਂ ਨੇ ਗੁਰੂ ਦੇ ਸਨਮੁਖ ਹੋ ਕੇ ਰੱਬ ਨੂੰ ਪਛਾਣਿਆ ਹੈ ਤੇ ਹਿਰਦੇ ਵਿਚ ਵਸਾਇਆ ਹੈ ਉਹਨਾਂ ਦਾ ਜੰਮਣਾ ਮੁਬਾਰਿਕ ਹੈ ।

ਗੁਰੂ ਤੋਂ ਬਿਨਾ ਸ੍ਰਿਸ਼ਟੀ ਹੋਰ ਹੋਰ ਪਿਆਰ ਵਿਚ ਖੁੰਝੀ ਹੋਈ ਵਿਲਕਦੀ ਫਿਰਦੀ ਹੈ ।੧੧।

ਸਲੋਕੁ ਮਃ ੩ ॥ ਕਲਿਜੁਗ ਮਹਿ ਨਾਮੁ ਨਿਧਾਨੁ ਭਗਤੀ ਖਟਿਆ ਹਰਿ ਉਤਮ ਪਦੁ ਪਾਇਆ ॥ ਸਤਿਗੁਰ ਸੇਵਿ ਹਰਿ ਨਾਮੁ ਮਨਿ ਵਸਾਇਆ ਅਨਦਿਨੁ ਨਾਮੁ ਧਿਆਇਆ ॥ ਵਿਚੇ ਗ੍ਰਿਹ

ਗੁਰ ਬਚਨਿ ਉਦਾਸੀ ਹਉਮੈ ਮੋਹੁ ਜਲਾਇਆ ॥ ਆਪਿ ਤਰਿਆ ਕੁਲ ਜਗਤੁ ਤਰਾਇਆ ਧੰਨੁ ਜਣੇਦੀ ਮਾਇਆ ॥ ਐਸਾ ਸਤਿਗੁਰੁ ਸੋਈ ਪਾਏ ਜਿਸੁ ਧੁਰਿ ਮਸਤਕਿ ਹਰਿ ਲਿਖਿ ਪਾਇਆ ॥ ਜਨ ਨਾਨਕ ਬਲਿਹਾਰੀ ਗੁਰ ਆਪਣੇ ਵਿਟਹੁ ਜਿਨਿ ਭ੍ਰਮਿ ਭੁਲਾ ਮਾਰਗਿ ਪਾਇਆ ॥੧॥ {ਪੰਨਾ 513}

ਪਦਅਰਥ:- ਕਲਿ—ਝਗੜੇ, ਕਲੇਸ਼ । ਜੁਗ—ਸੰਸਾਰ, ਜੀਵਨ (ਵੇਖੋ, ਸਲੋਕ ੧ ਪਉੜੀ ੧੦ 'ਇਸ ਜੁਗ ਮਹਿ') । ਭਗਤੀ—ਭਗਤੀ ਦੀ ਰਾਹੀਂ (ਨੋਟ: 'ਭਗਤਾਂ ਨੇ, ਅਰਥ ਫਬਦਾ ਨਹੀਂ, ਪਹਿਲੀਆਂ ਚਹੁੰਆਂ ਤੁਕਾਂ ਵਿਚ ਕਿਸੇ ਇਕ ਬੰਦੇ ਦਾ ਜ਼ਿਕਰ ਹੈ, ਬਹੁਤਿਆਂ ਦਾ ਨਹੀਂ) । ਕੁਲ—ਸਾਰਾ । ਜਣੇਦੀ—ਜੰਮਣ ਵਾਲੀ । ਮਸਤਕਿ—ਮੱਥੇ ਤੇ । ਵਿਟਹੁ—ਤੋਂ । ਭ੍ਰਮਿ—ਭੁਲੇਖੇ ਵਿਚ । ਮਾਰਗਿ—ਰਸਤੇ ਤੇ ।

ਅਰਥ:- ਇਸ ਝੰਬੇਲਿਆਂ-ਭਰੇ ਜਗਤ ਵਿਚ ਪਰਮਾਤਮਾ ਦਾ ਨਾਮ (ਹੀ) ਖ਼ਜ਼ਾਨਾ ਹੈ, ਜਿਸ ਨੇ ਬੰਦਗੀ ਕਰ ਕੇ (ਇਹ ਖ਼ਜ਼ਾਨਾ) ਖੱਟ ਲਿਆ ਹੈ ਉਸ ਨੇ ਪ੍ਰਭੂ (ਦਾ ਮੇਲ-ਰੂਪ) ਉੱਚਾ ਦਰਜਾ ਪਾ ਲਿਆ ਹੈ, ਗੁਰੂ ਦੇ ਹੁਕਮ ਵਿਚ ਤੁਰ ਕੇ ਉਸ ਨੇ ਪ੍ਰਭੂ ਦਾ ਨਾਮ ਆਪਣੇ ਮਨ ਵਿਚ ਵਸਾਇਆ ਹੈ ਤੇ ਹਰ ਵੇਲੇ ਨਾਮ ਸਿਮਰਿਆ ਹੈ, ਸਤਿਗੁਰੂ ਦੇ ਬਚਨ ਵਿਚ (ਤੁਰ ਕੇ) ਉਹ ਗ੍ਰਿਹਸਤ ਵਿਚ ਹੀ ਉਦਾਸੀ ਹੈ (ਕਿਉਂਕਿ) ਉਸ ਨੇ ਹਉਮੈ ਤੇ ਮੋਹ ਸਾੜ ਦਿੱਤਾ ਹੈ, ਉਹ (ਇਸ ਝੰਬੇਲਿਆਂ-ਭਰੇ ਸੰਸਾਰ-ਸਮੁੰਦਰ ਤੋਂ) ਆਪ ਲੰਘ ਗਿਆ ਹੈ, ਸਾਰੇ ਜਗਤ ਨੂੰ ਭੀ ਲੰਘਾਂਦਾ ਹੈ, ਧੰਨ ਹੈ ਉਸ ਦੀ ਜੰਮਣ ਵਾਲੀ ਮਾਂ!

ਇਹੋ ਜਿਹਾ ਗੁਰੂ (ਜਿਸ ਨੂੰ ਮਿਲ ਕੇ ਮਨੁੱਖ 'ਆਪਿ ਤਰਿਆ ਕੁਲ ਜਗਤੁ ਤਰਾਇਆ') ਉਸੇ ਬੰਦੇ ਨੂੰ ਮਿਲਦਾ ਹੈ ਜਿਸ ਦੇ ਮੱਥੇ ਤੇ ਧੁਰੋਂ ਕਰਤਾਰ ਨੇ (ਬੰਦਗੀ ਕਰਨ ਦਾ ਲੇਖ) ਲਿਖ ਕੇ ਰੱਖ ਦਿੱਤਾ ਹੈ । ਹੇ ਦਾਸ ਨਾਨਕ! (ਆਖ—) ਮੈਂ ਆਪਣੇ ਗੁਰੂ ਤੋਂ ਸਦਕੇ ਹਾਂ ਜਿਸ ਨੇ ਮੈਨੂੰ ਭੁਲੇਖੇ ਵਿਚ ਭੁੱਲੇ ਨੂੰ ਰਾਹੇ ਪਾਇਆ ਹੈ ।੧।

ਮਃ ੩ ॥ ਤ੍ਰੈ ਗੁਣ ਮਾਇਆ ਵੇਖਿ ਭੁਲੇ ਜਿਉ ਦੇਖਿ ਦੀਪਕਿ ਪਤੰਗ ਪਚਾਇਆ ॥ ਪੰਡਿਤ ਭੁਲਿ ਭੁਲਿ ਮਾਇਆ ਵੇਖਹਿ ਦਿਖਾ ਕਿਨੈ ਕਿਹੁ ਆਣਿ ਚੜਾਇਆ ॥ ਦੂਜੈ ਭਾਇ ਪੜਹਿ ਨਿਤ ਬਿਖਿਆ ਨਾਵਹੁ ਦਯਿ ਖੁਆਇਆ ॥ ਜੋਗੀ ਜੰਗਮ ਸੰਨਿਆਸੀ ਭੁਲੇ ਓਨ੍ਹਾ ਅਹੰਕਾਰੁ ਬਹੁ ਗਰਬੁ ਵਧਾਇਆ ॥ ਛਾਦਨੁ ਭੋਜਨੁ ਨ ਲੈਹੀ ਸਤ ਭਿਖਿਆ ਮਨਹਠਿ ਜਨਮੁ ਗਵਾਇਆ ॥ ਏਤੜਿਆ ਵਿਚਹੁ ਸੋ ਜਨੁ ਸਮਧਾ ਜਿਨਿ ਗੁਰਮੁਖਿ ਨਾਮੁ ਧਿਆਇਆ ॥ ਜਨ ਨਾਨਕ ਕਿਸ ਨੋ ਆਖਿ ਸੁਣਾਈਐ ਜਾ ਕਰਦੇ ਸਭਿ ਕਰਾਇਆ ॥੨॥ {ਪੰਨਾ 513}

ਪਦਅਰਥ:- ਦੀਪਕ—ਦੀਵੇ ਉਤੇ । ਪਤੰਗ—ਭੰਬਟ । ਦਿਖਾ—ਦੇਖੀਏ । ਕਿਹੁ—ਕੁਝ । ਆਣਿ—ਲਿਆ ਕੇ । ਦੂਜੈ ਭਾਇ—ਮਾਇਆ ਦੇ ਪਿਆਰ ਵਿਚ । ਬਿਖਿਆ—ਮਾਇਆ । ਦਯਿ—ਪਰਮਾਤਮਾ ਨੇ ('ਦਯ' ਨੇ) । ਜੰਗਮ—ਸ਼ਿਵ ਦੇ ਉਪਾਸ਼ਕ ਜੋ ਸਿਰ ਤੇ ਮੋਰਾਂ ਦੇ ਖੰਭ ਰੱਖਦੇ ਹਨ ਤੇ ਟੱਲੀਆਂ ਵਜਾਂਦੇ ਮੰਗਦੇ ਫਿਰਦੇ ਹਨ । ਗਰਬੁ—ਅਹੰਕਾਰ । ਛਾਦਨੁ—ਕੱਪੜਾ । ਸਤ ਭਿਖਿਆ—ਸਰਧਾ ਨਾਲ ਦਿੱਤੀ ਭਿੱਛਿਆ । ਨ ਲੈਹੀ—ਨਹੀਂ ਲੈਂਦੇ । ਸਮਧਾ—ਸਮਾਧੀ ਵਾਲਾ, ਟਿਕੇ ਹੋਏ ਮਨ ਵਾਲਾ, ਪੂਰਨ ਅਵਸਥਾ ਵਾਲਾ ।

ਅਰਥ:- (ਸਾਰੇ ਜੀਵ, ਕੀਹ ਵਿਦਵਾਨ ਤੇ ਕੀਹ ਤਿਆਗੀ) ਤ੍ਰੈਗੁਣੀ ਮਾਇਆ ਨੂੰ ਵੇਖ ਕੇ (ਜੀਵਨ ਦੇ ਸਹੀ ਰਸਤੇ ਤੋਂ) ਖੁੰਝ ਰਹੇ ਹਨ (ਤੇ ਦੁਖੀ ਹੋ ਰਹੇ ਹਨ) ਜਿਵੇਂ ਭੰਬਟ (ਦੀਵੇ ਨੂੰ) ਵੇਖ ਕੇ ਦੀਵੇ ਉਤੇ ਸੜਦੇ ਹਨ; ਪੰਡਿਤ (ਉਂਞ ਤਾਂ ਹੋਰਨਾਂ ਨੂੰ ਕਥਾ ਸੁਣਾਂਦੇ ਹਨ, ਪਰ) ਮੁੜ ਮੁੜ ਖੁੰਝ ਕੇ ਮਾਇਆ ਵਲ ਹੀ ਤੱਕਦੇ ਹਨ ਕਿ ਵੇਖੀਏ ਕਿਸੇ ਨੇ ਕੁਝ ਲਿਆ ਕੇ ਭੇਟਾ ਰੱਖੀ ਹੈ (ਜਾਂ ਨਹੀਂ), ਸੋ ਮਾਇਆ ਦੇ ਪਿਆਰ ਵਿਚ ਉਹ (ਅਸਲ ਵਿਚ) ਸਦਾ ਮਾਇਆ (ਦੀ ਸੰਥਾ ਹੀ) ਪੜ੍ਹਦੇ ਹਨ, ਪਰਮਾਤਮਾ ਨੇ ਉਹਨਾਂ ਨੂੰ (ਆਪਣੇ) ਨਾਮ ਵਲੋਂ ਖੁੰਝਾ ਦਿੱਤਾ ਹੈ ।

ਜੋਗੀ ਜੰਗਮ ਤੇ ਸੰਨਿਆਸੀ (ਆਪਣੇ ਵਲੋਂ ਤਿਆਗੀ ਬਣੇ ਹੋਏ ਹਨ, ਪਰ ਇਹ ਭੀ ਜੀਵਨ ਦੇ ਰਾਹ ਤੋਂ) ਖੁੰਝੇ ਹੋਏ ਹਨ (ਕਿਉਂਕਿ ਇਕ ਤਾਂ ਆਪਣੇ 'ਤਿਆਗ' ਦਾ ਹੀ) ਇਹਨਾਂ ਦੇ ਮਾਣ ਨੇ ਅਹੰਕਾਰ ਨੂੰ ਵਧਾਇਆ ਹੋਇਆ ਹੈ, (ਦੂਜੇ, ਗ੍ਰਿਹਸਤੀਆਂ ਪਾਸੋਂ ਆਦਰ ਸਰਧਾ ਨਾਲ ਮਿਲਿਆ ਕੱਪੜਾ ਤੇ ਭੋਜਨ-ਰੂਪ ਭਿੱਛਿਆ ਨਹੀਂ ਲੈਂਦੇ (ਭਾਵ, ਥੋੜੀ ਚੀਜ਼ ਮਿਲਣ ਤੇ ਉਹਨਾਂ ਨੂੰ ਘੂਰਦੇ ਹਨ; ਸੋ, ਇਹਨਾਂ ਭੀ) ਮਨ ਦੇ ਹਠ ਨਾਲ (ਇਸ ਧਾਰੇ ਹੋਏ 'ਤਿਆਗ' ਦੇ ਕਾਰਣ) ਆਪਣੀ ਜ਼ਿੰਦਗੀ ਅਜਾਈਂ ਗਵਾਈ ਹੈ ।

ਇਹਨਾਂ ਸਾਰਿਆਂ ਵਿਚੋਂ ਉਹ ਮਨੁੱਖ ਪੂਰਨ ਅਵਸਥਾ ਵਾਲਾ ਹੈ ਜਿਸ ਨੇ ਸਨਮੁਖ ਹੋ ਕੇ ਨਾਮ ਸਿਮਰਿਆ ਹੈ । ਪਰ, ਹੇ ਦਾਸ! (ਇਸ ਤ੍ਰੈਗੁਣੀ ਮਾਇਆ ਦੇ ਹੱਥੋਂ) ਹੋਰ ਕਿਸ ਅੱਗੇ ਪੁਕਾਰ ਕਰੀਏ? ਸਾਰੇ ਪ੍ਰਭੂ ਦੇ ਪ੍ਰੇਰੇ ਹੋਏ ਹੀ ਕਾਰ ਕਰ ਰਹੇ ਹਨ, (ਸੋ, ਇਸ ਮਾਇਆ ਤੋਂ ਬਚਣ ਲਈ ਪ੍ਰਭੂ ਅੱਗੇ ਹੀ ਕੀਤੀ ਅਰਦਾਸ ਸਹੈਤਾ ਕਰਦੀ ਹੈ) ।੨।

ਪਉੜੀ ॥ ਮਾਇਆ ਮੋਹੁ ਪਰੇਤੁ ਹੈ ਕਾਮੁ ਕ੍ਰੋਧੁ ਅਹੰਕਾਰਾ ॥ ਏਹ ਜਮ ਕੀ ਸਿਰਕਾਰ ਹੈ ਏਨ੍ਹਾ ਉਪਰਿ ਜਮ ਕਾ ਡੰਡੁ ਕਰਾਰਾ ॥ ਮਨਮੁਖ ਜਮ ਮਗਿ ਪਾਈਅਨ੍ਹਿ ਜਿਨ੍ਹ ਦੂਜਾ ਭਾਉ ਪਿਆਰਾ ॥ ਜਮ ਪੁਰਿ ਬਧੇ ਮਾਰੀਅਨਿ ਕੋ ਸੁਣੈ ਨ ਪੂਕਾਰਾ ॥ ਜਿਸ ਨੋ ਕ੍ਰਿਪਾ ਕਰੇ ਤਿਸੁ ਗੁਰੁ ਮਿਲੈ ਗੁਰਮੁਖਿ ਨਿਸਤਾਰਾ ॥੧੨॥ {ਪੰਨਾ 513}

ਪਦਅਰਥ:- ਪਰੇਤੁ—ਭੂਤ । ਏਹ—ਇਹ ਮੋਹ ਕਾਮ ਕ੍ਰੋਧ ਆਦਿਕ ਸਾਰੇ । ਡੰਡੁ—ਡੰਡਾ । ਕਰਾਰਾ—ਕਰੜਾ । ਮਗਿ—ਰਸਤੇ ਤੇ । ਸਿਰਕਾਰ—ਰਈਅਤ । ਪਾਈਅਨ੍ਹਿ—ਪਾਏ ਜਾਂਦੇ ਹਨ । ਜਮਪੁਰਿ—ਜਮ ਦੇ ਸ਼ਹਿਰ ਵਿਚ । ਮਾਰੀਅਨਿ—ਮਾਰੀਦੇ ਹਨ ।

ਅਰਥ:- ਮਾਇਆ ਦਾ ਮੋਹ, ਕਾਮ, ਕ੍ਰੋਧ ਤੇ ਅਹੰਕਾਰ (ਇਹ, ਮਾਨੋ) ਭੂਤ ਹਨ; ਇਹ ਸਾਰੇ ਜਮਰਾਜ ਦੀ ਰਈਅਤ ਹਨ, ਇਹਨਾਂ ਉੱਤੇ ਜਮਰਾਜ ਦਾ ਜ਼ੋਰ ਚੱਲਦਾ ਹੈ । ਆਪਣੇ ਮਨ ਦੇ ਪਿਛੇ ਤੁਰਨ ਵਾਲੇ ਬੰਦੇ ਜਿਨ੍ਹਾਂ ਨੂੰ ਮਾਇਆ ਦਾ ਪਿਆਰ ਮਿੱਠਾ ਲੱਗਦਾ ਹੈ ਜਮਰਾਜ ਦੇ ਰਾਹ ਤੇ ਪਾਏ ਜਾਂਦੇ ਹਨ (ਭਾਵ, ਉਹ ਜਮ ਦੀ ਰਈਅਤ ਕਾਮਾਦਿਕਾਂ ਦੇ ਵੱਸ ਪੈ ਜਾਂਦੇ ਹਨ), ਉਹ ਮਨਮੁਖ ਜਮ-ਪੁਰੀ ਵਿਚ ਬੱਝੇ ਹੋਏ (ਭਾਵ, ਜਮ ਦੀ ਰਈਅਤ ਕਾਮਾਦਿਕਾਂ ਦੇ ਵੱਸ ਵਿਚ ਪਏ ਹੋਏ) ਮਾਰੀਦੇ ਹਨ (ਦੁਖੀ ਹੁੰਦੇ ਹਨ), ਕੋਈ ਉਹਨਾਂ ਦੀ ਪੁਕਾਰ ਨਹੀਂ ਸੁਣਦਾ (ਭਾਵ, ਇਹਨਾਂ ਕਾਮਾਦਿਕਾਂ ਦੇ ਪੰਜੇ ਤੋਂ ਕੋਈ ਉਹਨਾਂ ਨੂੰ ਛੁਡਾ ਨਹੀਂ ਸਕਦਾ) ।

ਜਿਸ ਮਨੁੱਖ ਤੇ ਪ੍ਰਭੂ ਆਪ ਮਿਹਰ ਕਰੇ ਉਸ ਨੂੰ ਗੁਰੂ ਮਿਲਦਾ ਹੈ, ਗੁਰੂ ਦੀ ਰਾਹੀਂ (ਇਹਨਾਂ ਭੂਤਾਂ ਤੋਂ) ਛੁਟਕਾਰਾ ਹੁੰਦਾ ਹੈ ।੧੨।

ਸਲੋਕੁ ਮਃ ੩ ॥ ਹਉਮੈ ਮਮਤਾ ਮੋਹਣੀ ਮਨਮੁਖਾ ਨੋ ਗਈ ਖਾਇ ॥ ਜੋ ਮੋਹਿ ਦੂਜੈ ਚਿਤੁ ਲਾਇਦੇ ਤਿਨਾ ਵਿਆਪਿ ਰਹੀ ਲਪਟਾਇ ॥ ਗੁਰ ਕੈ ਸਬਦਿ ਪਰਜਾਲੀਐ ਤਾ ਏਹ ਵਿਚਹੁ ਜਾਇ ॥ ਤਨੁ ਮਨੁ ਹੋਵੈ ਉਜਲਾ ਨਾਮੁ ਵਸੈ ਮਨਿ ਆਇ ॥ ਨਾਨਕ ਮਾਇਆ ਕਾ ਮਾਰਣੁ ਹਰਿ ਨਾਮੁ ਹੈ ਗੁਰਮੁਖਿ ਪਾਇਆ ਜਾਇ ॥੧॥ {ਪੰਨਾ 513}

ਪਦਅਰਥ:- ਮਮਤਾ—(ਮਮ—ਮੇਰੀ । ਮਮਤਾ—ਇਹ ਖ਼ਿਆਲ ਕਿ ਫਲਾਣੀ ਚੀਜ਼ ਮੇਰੀ ਬਣ ਜਾਏ ਜਾਂ ਮੇਰੀ ਹੈ) ਅਪਣੱਤ । ਮੋਹਣੀ—ਮੋਹ ਲੈਣ ਵਾਲੀ, ਠਗਣੀ, ਚੁੜੇਲ । ਲਪਟਾਇ—ਚੰਬੜ ਕੇ । ਪਰਜਾਲੀਐ—ਚੰਗੀ ਤਰ੍ਹਾਂ ਸਾੜੀਦੀ ਹੈ । ਮਾਰਣੁ—(ਸੰਖੀਏ ਆਦਿਕ ਜ਼ਹਿਰ ਨੂੰ) ਕੁਸ਼ਤਾ ਕਰਨ ਵਾਲੀ ਬੂਟੀ ।

ਅਰਥ:- ਹਉਮੈ ਤੇ ਅਪਣੱਤ (ਸਰੂਪ ਵਾਲੀ ਮਾਇਆ, ਮਾਨੋ) ਚੁੜੇਲ ਹੈ ਜੋ ਆਪ-ਹੁਦਰਿਆਂ ਨੂੰ ਹੜੱਪ ਕਰ ਜਾਂਦੀ ਹੈ, ਜੋ ਮਨੁੱਖ (ਰੱਬ ਨੂੰ ਛੱਡ ਕਿਸੇ) ਹੋਰ ਦੇ ਮੋਹ ਵਿਚ ਚਿੱਤ ਜੋੜਦੇ ਹਨ ਉਹਨਾਂ ਨੂੰ ਚੰਬੜ ਕੇ ਆਪਣੇ ਵੱਸ ਵਿਚ ਕਰ ਲੈਂਦੀ ਹੈ । ਜੇ ਗੁਰੂ ਦੇ ਸ਼ਬਦ ਨਾਲ ਇਸ ਨੂੰ ਚੰਗੀ ਤਰ੍ਹਾਂ ਸਾੜੀਏ (ਜਿਵੇਂ, ਚੰਬੜੇ ਹੋਏ ਭੂਤਾਂ ਚੁੜੇਲਾਂ ਨੂੰ ਮਾਂਦਰੀ ਲੋਕ ਅੱਗ ਨਾਲ ਸਾੜਨ ਦਾ ਡਰਾਵਾ ਦੇਂਦੇ ਸੁਣੀਦੇ ਹਨ) ਤਾਂ ਇਹ ਅੰਦਰੋਂ ਨਿਕਲਦੀ ਹੈ; ਸਰੀਰ ਤੇ ਮਨ ਸੁਅੱਛ ਹੋ ਜਾਂਦਾ ਹੈ; ਪ੍ਰਭੂ ਦਾ ਨਾਮ ਮਨ ਵਿਚ ਆ ਵੱਸਦਾ ਹੈ ।

ਹੇ ਨਾਨਕ! ਇਸ ਮਾਇਆ (ਸੰਖੀਏ ਨੂੰ ਕੁਸ਼ਤਾ ਕਰਨ) ਦੀ ਬੂਟੀ ਇੱਕ ਹਰਿ-ਨਾਮ ਹੀ ਹੈ ਜੋ ਗੁਰੂ ਤੋਂ ਹੀ ਮਿਲ ਸਕਦਾ ਹੈ ।੧।

ਮਃ ੩ ॥ ਇਹੁ ਮਨੁ ਕੇਤੜਿਆ ਜੁਗ ਭਰਮਿਆ ਥਿਰੁ ਰਹੈ ਨ ਆਵੈ ਜਾਇ ॥ ਹਰਿ ਭਾਣਾ ਤਾ ਭਰਮਾਇਅਨੁ ਕਰਿ ਪਰਪੰਚੁ ਖੇਲੁ ਉਪਾਇ ॥ ਜਾ ਹਰਿ ਬਖਸੇ ਤਾ ਗੁਰ ਮਿਲੈ ਅਸਥਿਰੁ ਰਹੈ ਸਮਾਇ ॥ ਨਾਨਕ ਮਨ ਹੀ ਤੇ ਮਨੁ ਮਾਨਿਆ ਨਾ ਕਿਛੁ ਮਰੈ ਨ ਜਾਇ ॥੨॥ {ਪੰਨਾ 513}

ਪਦਅਰਥ:- ਕੇਤੜਿਆ ਜੁਗ—ਕਈ ਜੁਗ, ਬਹੁਤ ਲੰਮਾ ਅਰਸਾ । ਹਰਿ ਭਾਣਾ—ਪ੍ਰਭੂ ਦੀ ਰਜ਼ਾ ਵਿਚ । ਭਰਮਾਇਅਨੁ—ਭਰਮਾਇਆ ਉਸ (ਪ੍ਰਭੂ) ਨੇ । ਪਰਪੰਚੁ—ਠੱਗਣ ਵਾਲਾ (ਸੰ: ਪ੍ਰਪੰਚ, ਇਹ ਦਿੱਸਦਾ ਜਗਤ ਜੋ ਕਈ ਰੰਗਾਂ ਵਾਲਾ ਹੈ ਤੇ ਭੁਲੇਖੇ ਵਿਚ ਪਾਂਦਾ ਹੈ) । ਜਾਇ—ਜੰਮਦਾ ਹੈ ।

ਅਰਥ:- (ਮਨੁੱਖ ਦਾ) ਇਹ ਮਨ ਕਈ ਜੁਗ ਭਟਕਦਾ ਰਹਿੰਦਾ ਹੈ (ਪਰਮਾਤਮਾ ਵਿਚ) ਟਿਕਦਾ ਨਹੀਂ ਤੇ ਜੰਮਦਾ ਮਰਦਾ ਰਹਿੰਦਾ ਹੈ; ਪਰ ਇਹ ਗੱਲ ਪ੍ਰਭੂ ਨੂੰ (ਏਸੇ ਤਰ੍ਹਾਂ) ਭਾਉਂਦੀ ਹੈ ਕਿ ਉਸ ਨੇ ਇਹ ਠੱਗਣ ਵਾਲੀ (ਜਗਤ-ਖੇਡ ਬਣਾ ਕੇ (ਜੀਵਾਂ ਨੂੰ ਇਸ ਵਿਚ) ਭਰਮਾਇਆ ਹੋਇਆ ਹੈ ।

ਜਦੋਂ ਪ੍ਰਭੂ (ਆਪ) ਮਿਹਰ ਕਰਦਾ ਹੈ ਤਾਂ (ਜੀਵ ਨੂੰ) ਗੁਰੂ ਮਿਲਦਾ ਹੈ, (ਫਿਰ) ਇਹ (ਪ੍ਰਭੂ ਵਿਚ) ਜੁੜ ਕੇ ਟਿਕਿਆ ਰਹਿੰਦਾ ਹੈ; (ਇਸ ਤਰ੍ਹਾਂ) ਹੇ ਨਾਨਕ! ਮਨ ਅੰਦਰੋਂ ਹੀ (ਪ੍ਰਭੂ-ਨਾਮ ਵਿਚ) ਪਤੀਜ ਜਾਂਦਾ ਹੈ, ਫਿਰ ਇਸ ਦਾ ਨਾਹ ਕੁਝ ਮਰਦਾ ਹੈ ਨਾਹ ਜੰਮਦਾ ਹੈ ।੨।

ਪਉੜੀ ॥ ਕਾਇਆ ਕੋਟੁ ਅਪਾਰੁ ਹੈ ਮਿਲਣਾ ਸੰਜੋਗੀ ॥ ਕਾਇਆ ਅੰਦਰਿ ਆਪਿ ਵਸਿ ਰਹਿਆ ਆਪੇ ਰਸ ਭੋਗੀ ॥ ਆਪਿ ਅਤੀਤੁ ਅਲਿਪਤੁ ਹੈ ਨਿਰਜੋਗੁ ਹਰਿ ਜੋਗੀ ॥ ਜੋ ਤਿਸੁ ਭਾਵੈ ਸੋ ਕਰੇ ਹਰਿ ਕਰੇ ਸੁ ਹੋਗੀ ॥ ਹਰਿ ਗੁਰਮੁਖਿ ਨਾਮੁ ਧਿਆਈਐ ਲਹਿ ਜਾਹਿ ਵਿਜੋਗੀ ॥੧੩॥ {ਪੰਨਾ 514}

ਪਦਅਰਥ:- ਕਾਇਆ—ਮਨੁੱਖਾ ਸਰੀਰ । ਅਤੀਤੁ—ਵਿਰਕਤ । ਅਲਿਪਤੁ—ਜਿਸ ਉਤੇ (ਮਾਇਆ ਦਾ) ਅਸਰ ਨਾ ਹੋ ਸਕੇ । ਨਿਰਜੋਗੁ—ਨਿਰਬੰਧ, ਮੁਕਤ, ਅਨ-ਜੁੜਿਆ । ਵਿਜੋਗੀ—ਵਿਛੋੜੇ, ਵਿਜੋਗ ।

ਅਰਥ:- ਮਨੁੱਖਾ-ਸਰੀਰ (ਮਾਨੋ,) ਇਕ ਵੱਡਾ ਕਿਲ੍ਹਾ ਹੈ ਜੋ ਮਨੁੱਖ ਨੂੰ ਭਾਗਾਂ ਨਾਲ ਮਿਲਦਾ ਹੈ, ਇਸ ਸਰੀਰ ਵਿਚ ਪ੍ਰਭੂ ਆਪ ਵੱਸ ਰਿਹਾ ਹੈ ਤੇ (ਕਿਤੇ ਤਾਂ) ਰਸ ਭੋਗ ਰਿਹਾ ਹੈ, (ਕਿਤੇ) ਆਪ ਜੋਗੀ ਪ੍ਰਭੂ ਵਿਰਕਤ ਹੈ, ਮਾਇਆ ਦੇ ਅਸਰ ਤੋਂ ਪਰੇ ਹੈ ਤੇ ਅਨ-ਜੁੜਿਆ ਹੈ । ਜੋ ਉਸ ਨੂੰ ਚੰਗਾ ਲੱਗਦਾ ਹੈ ਉਹੀ ਕਰਦਾ ਹੈ, ਜੋ ਕੁਝ ਪ੍ਰਭੂ ਕਰਦਾ ਹੈ ਉਹੀ ਹੁੰਦਾ ਹੈ (ਜੀਵਾਂ ਨੂੰ 'ਰਸ ਭੋਗੀ' ਬਨਾਣ ਵਾਲਾ ਭੀ ਆਪ ਹੈ ਤੇ 'ਅਤੀਤੁ ਅਲਿਪਤੁ' ਬਨਾਣ ਵਾਲਾ ਭੀ ਆਪ) ।

ਜੇ ਗੁਰੂ ਦੇ ਸਨਮੁਖ ਹੋ ਕੇ ਪ੍ਰਭੂ ਦਾ ਨਾਮ ਸਿਮਰੀਏ ਤਾਂ (ਮਾਇਕ ਰਸ-ਰੂਪ) ਸਾਰੇ ਵਿਛੋੜੇ (ਭਾਵ, ਪ੍ਰਭੂ ਤੋਂ ਵਿਛੋੜੇ ਦਾ ਮੂਲ) ਦੂਰ ਹੋ ਜਾਂਦੇ ਹਨ ।੧੩।

ਸਲੋਕੁ ਮਃ ੩ ॥ ਵਾਹੁ ਵਾਹੁ ਆਪਿ ਅਖਾਇਦਾ ਗੁਰ ਸਬਦੀ ਸਚੁ ਸੋਇ ॥ ਵਾਹੁ ਵਾਹੁ ਸਿਫਤਿ ਸਲਾਹ ਹੈ ਗੁਰਮੁਖਿ ਬੂਝੈ ਕੋਇ ॥ ਵਾਹੁ ਵਾਹੁ ਬਾਣੀ ਸਚੁ ਹੈ ਸਚਿ ਮਿਲਾਵਾ ਹੋਇ ॥ ਨਾਨਕ ਵਾਹੁ ਵਾਹੁ ਕਰਤਿਆ ਪ੍ਰਭੁ ਪਾਇਆ ਕਰਮਿ ਪਰਾਪਤਿ ਹੋਇ ॥੧॥ {ਪੰਨਾ 514}

ਪਦਅਰਥ:- ਵਾਹੁ ਵਾਹੁ—{ਜਦੋਂ ਅਸੀ ਕਦੇ ਕੋਈ ਬਹੁਤ ਅਚਰਜ ਨਜ਼ਾਰਾ ਵੇਖਦੇ ਹਾਂ, ਕੋਈ ਬੜਾ ਹੀ ਸੁੰਦਰ ਖ਼ਿਆਲ ਸੁਣਦੇ ਹਾਂ ਤਾਂ ਮਸਤ ਜਿਹੇ ਹੋ ਕੇ 'ਵਾਹੁ ਵਾਹੁ' ਆਖਦੇ ਹਾਂ; ਮਾਨੋ, ਅਸੀ ਉਸ ਨਜ਼ਾਰੇ ਜਾਂ ਖ਼ਿਆਲ ਦੀ 'ਸਿਫ਼ਤਿ' ਕਰਦੇ ਹਾਂ । ਸੋ 'ਵਾਹੁ ਵਾਹੁ' ਆਖਣਾ ਇਕ ਤਰ੍ਹਾਂ 'ਸਿਫ਼ਤਿ-ਸਾਲਾਹ' ਕਰਨਾ ਹੈ, ਪਰ ਨਾਲ ਹੀ ਇਹ ਭਾਵ ਭੀ ਹੁੰਦਾ ਹੈ ਕਿ ਇਸ ਦੀ ਸਿਫ਼ਤਿ ਲਈ ਅਸਾਡੇ ਪਾਸ ਢੁਕਵੇਂ ਲਫ਼ਜ਼ ਨਹੀਂ ਹਨ । ਲਫ਼ਜ਼ 'ਵਾਹੁ' ਨੂੰ ਲਫ਼ਜ਼ 'ਵਾਹਿਗੁਰੂ' ਦਾ ਸੰਖੇਪ ਆਖਣਾ ਗ਼ਲਤ ਹੈ, ਇਹ ਖ਼ਿਆਲ ਲਫ਼ਜ਼ 'ਵਾਹਿਗੁਰੂ' ਦੇ ਥਾਂ 'ਵਾਹੁਗੁਰ' ਬਨਾਣ ਲਈ ਟਪਲਾ ਲਾਣ ਵਾਸਤੇ ਸਹਾਈ ਹੁੰਦਾ ਹੈ । ਲਫ਼ਜ਼ 'ਗੁਰੂ' ਤੇ 'ਵਾਹਿ' ਦੇ ਵਖੋ ਵਖਰੇ ਅਰਥ ਹਨ} ਸਿਫ਼ਤਿ-ਸਾਲਾਹ । ਵਾਹੁ ਵਾਹੁ ਬਾਣੀ—ਸਿਫ਼ਤਿ-ਸਾਲਾਹ ਦੀ ਬਾਣੀ । ਸਚੁ ਹੈ—ਪ੍ਰਭੂ ਦਾ ਰੂਪ ।

ਅਰਥ:- ਕੋਈ (ਵਿਰਲਾ) ਗੁਰਮੁਖ ਸਮਝਦਾ ਹੈ ਕਿ 'ਵਾਹ ਵਾਹ' ਆਖਣਾ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨੀ ਹੈ, ਉਹ ਸੱਚਾ ਪ੍ਰਭੂ ਆਪ ਹੀ ਸਤਿਗੁਰੂ ਦੇ ਸ਼ਬਦ ਦੀ ਰਾਹੀਂ (ਮਨੁੱਖ ਪਾਸੋਂ) 'ਵਾਹੁ ਵਾਹੁ' ਅਖਵਾਂਦਾ ਹੈ (ਭਾਵ, ਸਿਫ਼ਤਿ-ਸਾਲਾਹ ਕਰਾਂਦਾ ਹੈ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ ਪਰਮਾਤਮਾ ਦਾ ਰੂਪ ਹੈ, (ਇਸ ਨਾਲ) ਪਰਮਾਤਮਾ ਵਿਚ ਮੇਲ ਹੁੰਦਾ ਹੈ ।

ਹੇ ਨਾਨਕ! (ਪ੍ਰਭੂ ਦੀ) ਸਿਫ਼ਤਿ-ਸਾਲਾਹ ਕਰਦਿਆਂ ਪ੍ਰਭੂ ਮਿਲ ਪੈਂਦਾ ਹੈ; (ਪਰ, ਇਹ ਸਿਫ਼ਤਿ-

ਸਾਲਾਹ) ਪ੍ਰਭੂ ਦੀ ਮਿਹਰ ਨਾਲ ਮਿਲਦੀ ਹੈ ।੧।

ਮਃ ੩ ॥ ਵਾਹੁ ਵਾਹੁ ਕਰਤੀ ਰਸਨਾ ਸਬਦਿ ਸੁਹਾਈ ॥ ਪੂਰੈ ਸਬਦਿ ਪ੍ਰਭੁ ਮਿਲਿਆ ਆਈ ॥ ਵਡਭਾਗੀਆ ਵਾਹੁ ਵਾਹੁ ਮੁਹਹੁ ਕਢਾਈ ॥ ਵਾਹੁ ਵਾਹੁ ਕਰਹਿ ਸੇਈ ਜਨ ਸੋਹਣੇ ਤਿਨ੍ ਕਉ ਪਰਜਾ ਪੂਜਣ ਆਈ ॥ ਵਾਹੁ ਵਾਹੁ ਕਰਮਿ ਪਰਾਪਤਿ ਹੋਵੈ ਨਾਨਕ ਦਰਿ ਸਚੈ ਸੋਭਾ ਪਾਈ ॥੨॥

ਅਰਥ:- ਗੁਰੂ ਦੇ ਸ਼ਬਦ ਦੁਆਰਾ 'ਵਾਹੁ ਵਾਹੁ' ਆਖਦੀ ਜੀਭ ਸੋਹਣੀ ਲੱਗਦੀ ਹੈ, ਪ੍ਰਭੂ ਮਿਲਦਾ ਹੀ ਗੁਰੂ ਦੇ ਪੂਰਨ ਸ਼ਬਦ ਦੀ ਰਾਹੀਂ ਹੈ । ਵੱਡੇ ਭਾਗਾਂ ਵਾਲਿਆਂ ਦੇ ਮੂੰਹ ਵਿਚੋਂ ਪ੍ਰਭੂ 'ਵਾਹੁ ਵਾਹੁ' ਅਖਵਾਉਂਦਾ ਹੈ, ਜੋ ਮਨੁੱਖ 'ਵਾਹੁ ਵਾਹੁ' ਕਰਦੇ ਹਨ, ਉਹ ਸੋਹਣੇ ਲੱਗਦੇ ਹਨ ਤੇ ਸਾਰੀ ਦੁਨੀਆ ਉਹਨਾਂ ਦੇ ਚਰਨ ਪਰਸਣ ਆਉਂਦੀ ਹੈ ।

ਹੇ ਨਾਨਕ! ਪ੍ਰਭੂ ਦੀ ਮੇਹਰ ਨਾਲ ਪ੍ਰਭੂ ਦੀ ਸਿਫ਼ਤਿ-ਸਾਲਾਹ ਹੁੰਦੀ ਹੈ ਤੇ ਸੱਚੇ ਦਰ ਤੇ ਸੋਭਾ ਮਿਲਦੀ ਹੈ ।੨।

ਪਉੜੀ ॥ ਬਜਰ ਕਪਾਟ ਕਾਇਆ ਗੜ੍ ਭੀਤਰਿ ਕੂੜੁ ਕੁਸਤੁ ਅਭਿਮਾਨੀ ॥ ਭਰਮਿ ਭੂਲੇ ਨਦਰਿ ਨ ਆਵਨੀ ਮਨਮੁਖ ਅੰਧ ਅਗਿਆਨੀ ॥ ਉਪਾਇ ਕਿਤੈ ਨ ਲਭਨੀ ਕਰਿ ਭੇਖ ਥਕੇ ਭੇਖਵਾਨੀ ॥ ਗੁਰ ਸਬਦੀ ਖੋਲਾਈਅਨ੍ਹਿ ਹਰਿ ਨਾਮੁ ਜਪਾਨੀ ॥ ਹਰਿ ਜੀਉ ਅੰਮ੍ਰਿਤ ਬਿਰਖੁ ਹੈ ਜਿਨ ਪੀਆ ਤੇ ਤ੍ਰਿਪਤਾਨੀ ॥੧੪॥ {ਪੰਨਾ 514}

ਅਰਥ:- ਅਹੰਕਾਰੀ ਮਨੁੱਖਾਂ ਦੇ ਸਰੀਰ-ਰੂਪ ਕਿਲ੍ਹੇ ਵਿਚ ਕੂੜ ਤੇ ਕੁਸੱਤ-ਰੂਪ ਕਰੜੇ ਫਾਟਕ ਲੱਗੇ ਹੋਏ ਹਨ, ਪਰ ਅੰਨ੍ਹੇ ਤੇ ਅਗਿਆਨੀ ਮਨਮੁਖਾਂ ਨੂੰ ਭਰਮ ਵਿਚ ਭੁੱਲੇ ਹੋਣ ਕਰ ਕੇ ਦਿੱਸਦੇ ਨਹੀਂ ਹਨ । ਭੇਖ ਕਰਨ ਵਾਲੇ ਲੋਕ ਭੇਖ ਕਰ ਕਰ ਕੇ ਥੱਕ ਗਏ ਹਨ, ਪਰ ਉਹਨਾਂ ਨੂੰ ਭੀ ਕਿਸੇ ਉਪਾਉ ਕਰਨ ਨਾਲ (ਇਹ ਫਾਟਕ) ਨਹੀਂ ਦਿੱਸੇ, (ਹਾਂ) ਜੋ ਮਨੁੱਖ ਹਰੀ ਦਾ ਨਾਮ ਜਪਦੇ ਹਨ, ਉਹਨਾਂ ਦੇ ਕਪਾਟ ਸਤਿਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਖੁਲ੍ਹਦੇ ਹਨ । ਪ੍ਰਭੂ (ਦਾ ਨਾਮ) ਅੰਮ੍ਰਿਤ ਦਾ ਰੁੱਖ ਹੈ, ਜਿਨ੍ਹਾਂ ਨੇ (ਇਸ ਦਾ ਰਸ) ਪੀਤਾ ਹੈ ਉਹ ਰੱਜ ਗਏ ਹਨ ।੧੪।

ਸਲੋਕੁ ਮਃ ੩ ॥ ਵਾਹੁ ਵਾਹੁ ਕਰਤਿਆ ਰੈਣਿ ਸੁਖਿ ਵਿਹਾਇ ॥ ਵਾਹੁ ਵਾਹੁ ਕਰਤਿਆ ਸਦਾ ਅਨੰਦੁ ਹੋਵੈ ਮੇਰੀ ਮਾਇ ॥ ਵਾਹੁ ਵਾਹੁ ਕਰਤਿਆ ਹਰਿ ਸਿਉ ਲਿਵ ਲਾਇ ॥ ਵਾਹੁ ਵਾਹੁ ਕਰਮੀ ਬੋਲੈ ਬੋਲਾਇ ॥ ਵਾਹੁ ਵਾਹੁ ਕਰਤਿਆ ਸੋਭਾ ਪਾਇ ॥ ਨਾਨਕ ਵਾਹੁ ਵਾਹੁ ਸਤਿ ਰਜਾਇ ॥੧॥

ਅਰਥ:- ਹੇ ਮੇਰੀ ਮਾਂ! ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਿਆਂ (ਮਨੁੱਖਾ ਜਨਮ-ਰੂਪ) ਰਾਤ ਸੁਖੀ ਗੁਜ਼ਰਦੀ ਹੈ ਤੇ ਸਦਾ ਮੌਜ ਬਣੀ ਰਹਿੰਦੀ ਹੈ । ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਿਆਂ ਪ੍ਰਭੂ ਨਾਲ ਸੁਰਤਿ ਜੁੜਦੀ ਹੈ, ਪਰ, ਕੋਈ ਵਿਰਲਾ ਮਨੁੱਖ ਪ੍ਰਭੂ ਦੀ ਮਿਹਰ ਨਾਲ ਪ੍ਰਭੂ ਦਾ ਪ੍ਰੇਰਿਆ ਹੋਇਆ 'ਵਾਹੁ ਵਾਹੁ' ਦੀ ਬਾਣੀ ਉਚਾਰਦਾ ਹੈ । ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਿਆਂ ਸੋਭਾ ਮਿਲਦੀ ਹੈ, ਤੇ, ਹੇ ਨਾਨਕ! ਇਹ ਸਿਫ਼ਤਿ-ਸਾਲਾਹ (ਮਨੁੱਖ ਨੂੰ) ਪ੍ਰਭੂ ਦੀ ਰਜ਼ਾ ਵਿਚ ਜੋੜੀ ਰੱਖਦੀ ਹੈ ।੧।

ਮਃ ੩ ॥ ਵਾਹੁ ਵਾਹੁ ਬਾਣੀ ਸਚੁ ਹੈ ਗੁਰਮੁਖਿ ਲਧੀ ਭਾਲਿ ॥ ਵਾਹੁ ਵਾਹੁ ਸਬਦੇ ਉਚਰੈ ਵਾਹੁ ਵਾਹੁ ਹਿਰਦੈ ਨਾਲਿ ॥ ਵਾਹੁ ਵਾਹੁ ਕਰਤਿਆ ਹਰਿ ਪਾਇਆ ਸਹਜੇ ਗੁਰਮੁਖਿ ਭਾਲਿ ॥ ਸੇ ਵਡਭਾਗੀ ਨਾਨਕਾ ਹਰਿ ਹਰਿ ਰਿਦੈ ਸਮਾਲਿ ॥੨॥ {ਪੰਨਾ 514}

ਅਰਥ:- ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਪ੍ਰਭੂ (ਦਾ ਰੂਪ ਹੀ) ਹੈ, ਜੋ ਮਨੁੱਖ ਸਤਿਗੁਰੂ ਦੇ ਸਨਮੁਖ ਹੈ ਉਸ ਨੇ ਭਾਲ ਕੇ ਲੱਭ ਲਈ ਹੈ, ਗੁਰੂ ਦੇ ਸ਼ਬਦ ਦੀ ਰਾਹੀਂ ਉਹ 'ਵਾਹੁ ਵਾਹੁ' ਆਖਦਾ ਹੈ ਤੇ ਹਿਰਦੇ ਨਾਲ (ਪਰੋ ਕੇ ਰੱਖਦਾ ਹੈ) । ਗੁਰਮੁਖਾਂ ਨੇ ਸੁਤੇ ਹੀ ਭਾਲ ਕਰ ਕੇ, ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਿਆਂ ਪ੍ਰਭੂ ਨੂੰ ਲੱਭ ਲਿਆ ਹੈ । ਹੇ ਨਾਨਕ! ਉਹ ਮਨੁੱਖ ਵੱਡੇ ਭਾਗਾਂ ਵਾਲੇ ਹਨ ਜੋ ਪ੍ਰਭੂ ਦੇ ਨਾਮ ਨੂੰ ਆਪਣੇ ਹਿਰਦੇ ਵਿਚ ਸੰਭਾਲਦੇ ਹਨ ।੨।

ਪਉੜੀ ॥ ਏ ਮਨਾ ਅਤਿ ਲੋਭੀਆ ਨਿਤ ਲੋਭੇ ਰਾਤਾ ॥ ਮਾਇਆ ਮਨਸਾ ਮੋਹਣੀ ਦਹ ਦਿਸ ਫਿਰਾਤਾ ॥ ਅਗੈ ਨਾਉ ਜਾਤਿ ਨ ਜਾਇਸੀ ਮਨਮੁਖਿ ਦੁਖੁ ਖਾਤਾ ॥ ਰਸਨਾ ਹਰਿ ਰਸੁ ਨ ਚਖਿਓ ਫੀਕਾ ਬੋਲਾਤਾ ॥ ਜਿਨਾ ਗੁਰਮੁਖਿ ਅੰਮ੍ਰਿਤੁ ਚਾਖਿਆ ਸੇ ਜਨ ਤ੍ਰਿਪਤਾਤਾ ॥੧੫॥ {ਪੰਨਾ 514}

ਅਰਥ:- ਹੇ ਮਨਮੁਖਿ (ਮਨ!) ਦਰਗਾਹ ਵਿਚ ਵੱਡਾ ਨਾਮ ਤੇ ਉੱਚੀ ਜਾਤਿ, ਨਾਲ ਨਹੀਂ ਜਾਂਦੇ, (ਇਹਨਾਂ ਵਿਚ ਭੁੱਲਾ ਹੋਇਆ) ਦੁੱਖ ਭੋਗੇਂਗਾ; ਜੀਭ ਨਾਲ ਤੂੰ ਪ੍ਰਭੂ ਦੇ ਨਾਮ ਦਾ ਸੁਆਦ ਨਹੀਂ ਚੱਖਿਆ ਤੇ ਫਿੱਕਾ (ਭਾਵ, ਮਾਇਆ ਸੰਬੰਧੀ ਬਚਨ ਹੀ) ਬੋਲਦਾ ਹੈਂ ।

ਹੇ ਸਦਾ ਲੋਭ ਵਿਚ ਰੱਤੇ ਹੋਏ ਵੱਡੇ ਲੋਭੀ ਮਨ! ਮੋਹਣੀ ਮਾਇਆ ਦੀ ਚਾਹ ਦੇ ਕਾਰਨ ਤੂੰ ਦਸੀਂ ਪਾਸੀਂ ਭਉਂਦਾ ਫਿਰਦਾ ਹੈਂ । ਜਿਨ੍ਹਾਂ ਮਨੁੱਖਾਂ ਨੇ ਗੁਰੂ ਦੇ ਸਨਮੁਖ ਹੋ ਕੇ (ਨਾਮ-ਰੂਪ) ਅੰਮ੍ਰਿਤ ਚਖਿਆ ਹੈ ਉਹ ਰੱਜ ਗਏ ਹਨ ।੧੫।

ਸਲੋਕੁ ਮਃ ੩ ॥ ਵਾਹੁ ਵਾਹੁ ਤਿਸ ਨੋ ਆਖੀਐ ਜਿ ਸਚਾ ਗਹਿਰ ਗੰਭੀਰੁ ॥ ਵਾਹੁ ਵਾਹੁ ਤਿਸ ਨੋ ਆਖੀਐ ਜਿ ਗੁਣਦਾਤਾ ਮਤਿ ਧੀਰੁ ॥ ਵਾਹੁ ਵਾਹੁ ਤਿਸ ਨੋ ਆਖੀਐ ਜਿ ਸਭ ਮਹਿ ਰਹਿਆ ਸਮਾਇ ॥ ਵਾਹੁ ਵਾਹੁ ਤਿਸ ਨੋ ਆਖੀਐ ਜਿ ਦੇਦਾ ਰਿਜਕੁ ਸਬਾਹਿ ॥ ਨਾਨਕ ਵਾਹੁ ਵਾਹੁ ਇਕੋ ਕਰਿ ਸਾਲਾਹੀਐ ਜਿ ਸਤਿਗੁਰ ਦੀਆ ਦਿਖਾਇ ॥੧॥ {ਪੰਨਾ 514-515}

ਪਦਅਰਥ:- ਧੀਰੁ—ਟਿਕਵੇਂ ਸੁਭਾਉ ਵਾਲਾ । ਸਬਾਹਿ—ਇਕੱਠਾ ਕਰ ਕੇ । ਜਿ—ਜੋ । ਇਕੋ ਕਰਿ—ਇਹ ਜਾਣ ਕੇ ਕਿ ਉਸ ਵਰਗਾ ਉਹ ਇਕ ਆਪ ਹੀ ਹੈ ।

ਅਰਥ:- ਜੋ ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ ਤੇ ਵੱਡੇ ਜਿਗਰੇ ਵਾਲਾ ਹੈ, (ਜੋ ਆਪਣੇ ਭਗਤਾਂ ਨੂੰ) ਗੁਣ ਬਖ਼ਸ਼ਣ ਵਾਲਾ ਹੈ ਤੇ ਅਡੋਲ ਮੱਤ ਵਾਲਾ ਹੈ, ਜੋ ਸਾਰੇ ਜੀਵਾਂ ਵਿਚ ਵਿਆਪਕ ਹੈ ਤੇ ਜੋ ਸਭ ਨੂੰ ਰਿਜ਼ਕ ਅਪੜਾਉਂਦਾ ਹੈ, ਉਸ ਦੀ ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ । ਹੇ ਨਾਨਕ! ਉਸ ਨੂੰ ਲਾ-ਸ਼ਰੀਕ ਜਾਣ ਕੇ ਉਸ ਦੀ ਵਡਿਆਈ ਕਰੀਏ; ਉਸ ਦਾ ਦਰਸਨ ਸਤਿਗੁਰੂ ਹੀ ਕਰਾਉਂਦਾ ਹੈ ।੧।

ਮਃ ੩ ॥ ਵਾਹੁ ਵਾਹੁ ਗੁਰਮੁਖ ਸਦਾ ਕਰਹਿ ਮਨਮੁਖ ਮਰਹਿ ਬਿਖੁ ਖਾਇ ॥ ਓਨਾ ਵਾਹੁ ਵਾਹੁ ਨ ਭਾਵਈ ਦੁਖੇ ਦੁਖਿ ਵਿਹਾਇ ॥ ਗੁਰਮੁਖਿ ਅੰਮ੍ਰਿਤੁ ਪੀਵਣਾ ਵਾਹੁ ਵਾਹੁ ਕਰਹਿ ਲਿਵ ਲਾਇ ॥ ਨਾਨਕ ਵਾਹੁ ਵਾਹੁ ਕਰਹਿ ਸੇ ਜਨ ਨਿਰਮਲੇ ਤ੍ਰਿਭਵਣ ਸੋਝੀ ਪਾਇ ॥੨॥ {ਪੰਨਾ 515}

ਪਦਅਰਥ:- ਬਿਖੁ—ਮਾਇਆ-ਰੂਪ ਜ਼ਹਿਰ । ਦੁਖੇ ਦੁਖਿ—ਨਿਰੋਲ ਦੁਖ ਵਿਚ ਹੀ, ਸਾਰੀ ਉਮਰ ਦੁੱਖ ਵਿਚ ਹੀ । ਪੀਵਣਾ—ਜਲ-ਪਾਨ, ਜੀਵਨ ਆਧਾਰ (ਜਿਵੇਂ ਪਾਣੀ ਸਭ ਜੀਵਾਂ ਦੀ ਜ਼ਿੰਦਗੀ ਦਾ ਸਹਾਰਾ ਹੈ) ।

ਅਰਥ:- ਜੋ ਮਨੁੱਖ ਗੁਰੂ ਦੇ ਸਨਮੁਖ ਹਨ, ਉਹ ਸਦਾ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦੇ ਹਨ; ਪਰ, ਆਪ-ਹੁਦਰੇ ਮਨੁੱਖ ਮਾਇਆ-ਰੂਪ ਜ਼ਹਿਰ ਖਾ ਕੇ ਮਰਦੇ ਹਨ । ਉਹਨਾਂ ਨੂੰ ਸਿਫ਼ਤਿ-ਸਾਲਾਹ ਚੰਗੀ ਨਹੀਂ ਲੱਗਦੀ, ਇਸ ਵਾਸਤੇ ਉਹਨਾਂ ਦੀ ਸਾਰੀ ਉਮਰ ਦੁੱਖ ਵਿਚ ਹੀ ਬੀਤਦੀ ਹੈ । ਗੁਰਮੁਖਾਂ ਦਾ ਜਲ-ਪਾਨ ਹੀ ਨਾਮ-ਅੰਮ੍ਰਿਤ ਹੈ (ਭਾਵ, ਗੁਰਮੁਖਾਂ ਲਈ ਨਾਮ-ਅੰਮ੍ਰਿਤ ਜੀਵਨ ਦਾ ਆਸਰਾ ਹੈ), ਉਹ ਸੁਰਤਿ ਜੋੜ ਕੇ ਸਿਫ਼ਤਿ ਕਰਦੇ ਹਨ । ਹੇ ਨਾਨਕ! ਜੋ ਮਨੁੱਖ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦੇ ਹਨ ਉਹ ਪਵਿਤ੍ਰ ਹੋ ਜਾਂਦੇ ਹਨ, ਉਹਨਾਂ ਨੂੰ ਤਿੰਨਾਂ ਭਵਨਾਂ (ਵਿਚ ਵਿਆਪਕ ਪ੍ਰਭੂ ਦੀ) ਸੂਝ ਪੈ ਜਾਂਦੀ ਹੈ ।੨।

ਪਉੜੀ ॥ ਹਰਿ ਕੈ ਭਾਣੈ ਗੁਰੁ ਮਿਲੈ ਸੇਵਾ ਭਗਤਿ ਬਨੀਜੈ ॥ ਹਰਿ ਕੈ ਭਾਣੈ ਹਰਿ ਮਨਿ ਵਸੈ ਸਹਜੇ ਰਸੁ ਪੀਜੈ ॥ ਹਰਿ ਕੈ ਭਾਣੈ ਸੁਖੁ ਪਾਈਐ ਹਰਿ ਲਾਹਾ ਨਿਤ ਲੀਜੈ ॥ ਹਰਿ ਕੈ ਤਖਤਿ ਬਹਾਲੀਐ ਨਿਜ ਘਰਿ ਸਦਾ ਵਸੀਜੈ ॥ ਹਰਿ ਕਾ ਭਾਣਾ ਤਿਨੀ ਮੰਨਿਆ ਜਿਨਾ ਗੁਰੂ ਮਿਲੀਜੈ ॥੧੬॥ {ਪੰਨਾ 515}

ਅਰਥ:- ਜੇ ਪ੍ਰਭੂ ਦੀ ਰਜ਼ਾ ਹੋਵੇ ਤਾਂ (ਮਨੁੱਖ ਨੂੰ) ਗੁਰੂ ਮਿਲਦਾ ਹੈ ਤੇ (ਉਸ ਵਾਸਤੇ) ਪ੍ਰਭੂ ਦੇ ਸਿਮਰਨ ਤੇ ਭਗਤੀ (ਦੀ ਜੁਗਤਿ) ਬਣਦੀ ਹੈ, ਪ੍ਰਭੂ ਮਨ ਵਿਚ ਆ ਕੇ ਵੱਸਦਾ ਹੈ ਤੇ ਅਡੋਲ ਅਵਸਥਾ ਵਿਚ (ਟਿਕਿਆਂ) ਨਾਮ-ਰਸ ਪੀਵੀਦਾ ਹੈ, (ਆਤਮਾ ਨੂੰ) ਸੁਖ ਮਿਲਦਾ ਹੈ ਤੇ (ਜੀਵ-ਵਪਾਰੀ ਨੂੰ) ਸਦਾ ਨਾਮ-ਰੂਪ ਨਫ਼ਾ ਮਿਲਦਾ ਹੈ । ਜਿਨ੍ਹਾਂ ਮਨੁੱਖਾਂ ਨੂੰ ਸਤਿਗੁਰੂ ਮਿਲ ਪੈਂਦਾ ਹੈ, ਉਹ ਮਨੁੱਖ ਪਰਮਾਤਮਾ ਦੀ ਰਜ਼ਾ ਨੂੰ (ਮਿੱਠਾ ਕਰ ਕੇ) ਮੰਨਦੇ ਹਨ ।੧੬।

ਸਲੋਕੁ ਮਃ ੩ ॥ ਵਾਹੁ ਵਾਹੁ ਸੇ ਜਨ ਸਦਾ ਕਰਹਿ ਜਿਨ੍ ਕਉ ਆਪੇ ਦੇਇ ਬੁਝਾਇ ॥ ਵਾਹੁ ਵਾਹੁ ਕਰਤਿਆ ਮਨੁ ਨਿਰਮਲੁ ਹੋਵੈ ਹਉਮੈ ਵਿਚਹੁ ਜਾਇ ॥ ਵਾਹੁ ਵਾਹੁ ਗੁਰਸਿਖੁ ਜੋ ਨਿਤ ਕਰੇ ਸੋ ਮਨ ਚਿੰਦਿਆ ਫਲੁ ਪਾਇ ॥ ਵਾਹੁ ਵਾਹੁ ਕਰਹਿ ਸੇ ਜਨ ਸੋਹਣੇ ਹਰਿ ਤਿਨ੍ ਕੈ ਸੰਗਿ ਮਿਲਾਇ ॥ ਵਾਹੁ ਵਾਹੁ ਹਿਰਦੈ ਉਚਰਾ ਮੁਖਹੁ ਭੀ ਵਾਹੁ ਵਾਹੁ ਕਰੇਉ ॥ ਨਾਨਕ ਵਾਹੁ ਵਾਹੁ ਜੋ ਕਰਹਿ ਹਉ ਤਨੁ ਮਨੁ ਤਿਨ੍ ਕਉ ਦੇਉ ॥੧॥ {ਪੰਨਾ 515}

ਅਰਥ:- ਜਿਨ੍ਹਾਂ ਮਨੁੱਖਾਂ ਨੂੰ ਪ੍ਰਭੂ ਆਪ ਹੀ ਸੁਮੱਤ ਬਖ਼ਸ਼ਦਾ ਹੈ ਉਹ ਸਦਾ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦੇ ਹਨ, ਪ੍ਰਭੂ ਦੀ ਸਿਫ਼ਤਿ-ਸਾਲਾਹ ਕੀਤਿਆਂ ਮਨ ਪਵਿਤ੍ਰ ਹੁੰਦਾ ਹੈ ਤੇ ਮਨ ਵਿਚੋਂ ਹਉਮੈ ਦੂਰ ਹੁੰਦੀ

ਹੈ । ਜੋ ਭੀ ਮਨੁੱਖ ਗੁਰੂ ਦੇ ਸਨਮੁਖ ਹੋ ਕੇ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਹੈ, ਉਸ ਨੂੰ ਮਨ-ਇੱਛਤ ਫਲ ਮਿਲਦਾ ਹੈ । ਜੋ ਮਨੁੱਖ ਸਿਫ਼ਤਿ-ਸਾਲਾਹ ਕਰਦੇ ਹਨ ਉਹ (ਵੇਖਣ ਨੂੰ ਭੀ) ਸੋਹਣੇ ਲੱਗਦੇ ਹਨ । ਹੇ ਪ੍ਰਭੂ! ਮੈਨੂੰ ਉਹਨਾਂ ਦੀ ਸੰਗਤਿ ਵਿਚ ਰੱਖ, ਤਾਂ ਜੋ ਮੈਂ ਆਪਣੇ ਹਿਰਦੇ ਵਿਚ ਤੇਰੀ ਸਿਫ਼ਤਿ ਕਰਾਂ ਤੇ ਮੂੰਹੋਂ ਭੀ ਤੇਰੇ ਗੁਣ ਗਾਵਾਂ । ਹੇ ਨਾਨਕ! ਜੋ ਮਨੁੱਖ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦੇ ਹਨ, ਮੈਂ ਆਪਣਾ ਤਨ ਮਨ ਉਹਨਾਂ ਅੱਗੇ ਭੇਟ ਕਰ ਦਿਆਂ ।੧।

ਮਃ ੩ ॥ ਵਾਹੁ ਵਾਹੁ ਸਾਹਿਬੁ ਸਚੁ ਹੈ ਅੰਮ੍ਰਿਤੁ ਜਾ ਕਾ ਨਾਉ ॥ ਜਿਨਿ ਸੇਵਿਆ ਤਿਨਿ ਫਲੁ ਪਾਇਆ ਹਉ ਤਿਨ ਬਲਿਹਾਰੈ ਜਾਉ ॥ ਵਾਹੁ ਵਾਹੁ ਗੁਣੀ ਨਿਧਾਨੁ ਹੈ ਜਿਸ ਨੋ ਦੇਇ ਸੁ ਖਾਇ ॥ ਵਾਹੁ ਵਾਹੁ ਜਲਿ ਥਲਿ ਭਰਪੂਰੁ ਹੈ ਗੁਰਮੁਖਿ ਪਾਇਆ ਜਾਇ ॥ ਵਾਹੁ ਵਾਹੁ ਗੁਰਸਿਖ ਨਿਤ ਸਭ ਕਰਹੁ ਗੁਰ ਪੂਰੇ ਵਾਹੁ ਵਾਹੁ ਭਾਵੈ ॥ ਨਾਨਕ ਵਾਹੁ ਵਾਹੁ ਜੋ ਮਨਿ ਚਿਤਿ ਕਰੇ ਤਿਸੁ ਜਮਕੰਕਰੁ ਨੇੜਿ ਨ ਆਵੈ ॥੨॥ {ਪੰਨਾ 515}

ਅਰਥ:- ਜਿਸ ਮਾਲਕ ਪ੍ਰਭੂ ਦਾ ਨਾਮ (ਜੀਵਾਂ ਨੂੰ) ਆਤਮਕ ਬਲ ਦੇਣ ਵਾਲਾ ਹੈ ਉਸ ਦੀ ਸਿਫ਼ਤਿ-ਸਾਲਾਹ ਉਸੇ ਸਦਾ-ਥਿਰ ਰਹਿਣ ਵਾਲੇ ਪ੍ਰਭੂ ਦਾ ਸਰੂਪ ਹੈ । ਜਿਸ ਜਿਸ ਮਨੁੱਖ ਨੇ ਪ੍ਰਭੂ ਨੂੰ ਸਿਮਰਿਆ ਹੈ ਉਸ ਉਸ ਨੇ (ਨਾਮ-ਅੰਮ੍ਰਿਤ) ਫਲ ਪ੍ਰਾਪਤ ਕਰ ਲਿਆ ਹੈ, ਮੈਂ ਅਜੇਹੇ ਗੁਰਮੁਖਾਂ ਤੋਂ ਸਦਕੇ ਹਾਂ । ਗੁਣਾਂ ਦੇ ਖ਼ਜ਼ਾਨੇ ਪ੍ਰਭੂ ਦੀ ਸਿਫ਼ਤਿ ਉਸ ਦਾ ਹੀ ਰੂਪ ਹੈ, ਪ੍ਰਭੂ ਜਿਸ ਨੂੰ ਇਹ ਖ਼ਜ਼ਾਨਾ ਬਖ਼ਸ਼ਦਾ ਹੈ ਉਹ ਇਸ ਨੂੰ ਵਰਤਦਾ ਹੈ । ਸਿਫ਼ਤਿ ਦਾ ਮਾਲਕ ਪ੍ਰਭੂ ਪਾਣੀ ਵਿਚ ਧਰਤੀ ਉਤੇ ਹਰ ਥਾਂ ਵਿਆਪਕ ਹੈ, ਗੁਰੂ ਦੇ ਰਾਹ ਤੇ ਤੁਰਦਿਆਂ ਉਹ ਪ੍ਰਭੂ ਮਿਲਦਾ ਹੈ । ਹੇ ਗੁਰ-ਸਿੱਖੋ! ਸਾਰੇ ਸਦਾ ਪ੍ਰਭੂ ਦੇ ਗੁਣ ਗਾਵੋ, ਪੂਰੇ ਗੁਰੂ ਨੂੰ ਪ੍ਰਭੂ ਦੀ ਸਿਫ਼ਤਿ-ਸਾਲਾਹ ਮਿੱਠੀ ਲੱਗਦੀ ਹੈ । ਹੇ ਨਾਨਕ! ਜੋ ਮਨੁੱਖ ਇਕ-ਮਨ ਹੋ ਕੇ ਸਿਫ਼ਤਿ-ਸਾਲਾਹ ਕਰਦਾ ਹੈ, ਉਸ ਨੂੰ ਮੌਤ ਦਾ ਡਰ ਪੋਹ ਨਹੀਂ ਸਕਦਾ ।੨।

ਪਉੜੀ ॥ ਹਰਿ ਜੀਉ ਸਚਾ ਸਚੁ ਹੈ ਸਚੀ ਗੁਰਬਾਣੀ ॥ ਸਤਿਗੁਰ ਤੇ ਸਚੁ ਪਛਾਣੀਐ ਸਚਿ ਸਹਜਿ ਸਮਾਣੀ ॥ ਅਨਦਿਨੁ ਜਾਗਹਿ ਨਾ ਸਵਹਿ ਜਾਗਤ ਰੈਣਿ ਵਿਹਾਣੀ ॥ ਗੁਰਮਤੀ ਹਰਿ ਰਸੁ ਚਾਖਿਆ ਸੇ ਪੁੰਨ ਪਰਾਣੀ ॥ ਬਿਨੁ ਗੁਰ ਕਿਨੈ ਨ ਪਾਇਓ ਪਚਿ ਮੁਏ ਅਜਾਣੀ ॥੧੭॥ {ਪੰਨਾ 515}

ਅਰਥ:- ਪ੍ਰਭੂ ਸਦਾ-ਥਿਰ ਰਹਿਣ ਵਾਲਾ ਹੈ, ਗੁਰੂ ਦੀ ਬਾਣੀ ਉਸ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਵਿਚ ਹੈ, ਗੁਰੂ ਦੀ ਰਾਹੀਂ ਉਸ ਪ੍ਰਭੂ ਨਾਲ ਜਾਣ-ਪਛਾਣ ਬਣਦੀ ਹੈ ਤੇ ਸਦਾ-ਥਿਰ ਅਡੋਲ ਅਵਸਥਾ ਵਿਚ ਟਿਕ ਸਕੀਦਾ ਹੈ । ਉਹ ਮਨੁੱਖ ਭਾਗਾਂ ਵਾਲੇ ਹਨ ਜਿਨ੍ਹਾਂ ਨੇ ਗੁਰੂ ਦੇ ਰਾਹ ਤੇ ਤੁਰ ਕੇ ਪ੍ਰਭੂ ਦੇ ਨਾਮ ਦਾ ਰਸ ਚੱਖਿਆ ਹੈ, ਉਹ ਹਰ ਵੇਲੇ ਸੁਚੇਤ ਰਹਿੰਦੇ ਹਨ, (ਮਾਇਆ ਦੇ ਮੋਹ ਵਿਚ) ਨਹੀਂ ਸਉਂਦੇ, ਉਹਨਾਂ ਦੀ ਜ਼ਿੰਦਗੀ-ਰੂਪ ਸਾਰੀ ਰਾਤ ਸੁਚੇਤ ਰਹਿ ਕੇ ਗੁਜ਼ਰਦੀ ਹੈ । ਪਰ, ਗੁਰੂ ਦੀ ਸਰਨ ਆਉਣ ਤੋਂ ਬਿਨਾ ਕਿਸੇ ਨੂੰ ਪ੍ਰਭੂ ਨਹੀਂ ਮਿਲਿਆ, ਅੰਞਾਣ ਲੋਕ (ਮਾਇਆ ਦੇ ਮੋਹ ਵਿਚ) ਖਪ ਖਪ ਕੇ ਦੁਖੀ ਹੁੰਦੇ ਹਨ ।੧੭।

ਸਲੋਕੁ ਮਃ ੩ ॥ ਵਾਹੁ ਵਾਹੁ ਬਾਣੀ ਨਿਰੰਕਾਰ ਹੈ ਤਿਸੁ ਜੇਵਡੁ ਅਵਰੁ ਨ ਕੋਇ ॥ ਵਾਹੁ ਵਾਹੁ ਅਗਮ ਅਥਾਹੁ ਹੈ ਵਾਹੁ ਵਾਹੁ ਸਚਾ ਸੋਇ ॥ ਵਾਹੁ ਵਾਹੁ ਵੇਪਰਵਾਹੁ ਹੈ ਵਾਹੁ ਵਾਹੁ ਕਰੇ ਸੁ

ਹੋਇ ॥ ਵਾਹੁ ਵਾਹੁ ਅੰਮ੍ਰਿਤ ਨਾਮੁ ਹੈ ਗੁਰਮੁਖਿ ਪਾਵੈ ਕੋਇ ॥ ਵਾਹੁ ਵਾਹੁ ਕਰਮੀ ਪਾਈਐ ਆਪਿ ਦਇਆ ਕਰਿ ਦੇਇ ॥ ਨਾਨਕ ਵਾਹੁ ਵਾਹੁ ਗੁਰਮੁਖਿ ਪਾਈਐ ਅਨਦਿਨੁ ਨਾਮੁ ਲਏਇ ॥੧॥ {ਪੰਨਾ 515}

ਅਰਥ:- ਜੋ ਪ੍ਰਭੂ ਆਕਾਰ-ਰਹਿਤ ਹੈ; ਜਿਸ ਦੇ ਬਰਾਬਰ ਦਾ ਹੋਰ ਕੋਈ ਨਹੀਂ ਹੈ; ਜੋ ਅਪਹੁੰਚ ਹੈ, ਜਿਸ ਦੀ ਥਾਹ ਨਹੀਂ ਪਾਈ ਜਾ ਸਕਦੀ, ਜਿਸ ਨੂੰ ਕਿਸੇ ਦੀ ਮੁਥਾਜੀ ਨਹੀਂ ਹੈ, ਜਿਸ ਦਾ ਕੀਤਾ ਹੋਇਆ ਹੀ ਸਭ ਕੁਝ ਹੋ ਰਿਹਾ ਹੈ, ਉਸ ਦੀ ਸਿਫ਼ਤਿ-ਸਾਲਾਹ ਉਸੇ ਦਾ ਰੂਪ ਹੈ । ਉਸ ਦਾ ਨਾਮ ਜੀਵਾਂ ਨੂੰ ਆਤਮਕ ਜੀਵਨ ਦੇਣ ਵਾਲਾ ਹੈ, ਪਰ ਉਸ ਦੀ ਪ੍ਰਾਪਤੀ ਕਿਸੇ ਗੁਰਮੁਖ ਨੂੰ ਹੀ ਹੁੰਦੀ ਹੈ । ਸਿਫ਼ਤਿ-ਸਾਲਾਹ ਦੀ ਦਾਤਿ ਭਾਗਾਂ ਨਾਲ ਹੀ ਮਿਲਦੀ ਹੈ, ਜਿਸ ਨੂੰ ਮੇਹਰ ਕਰ ਕੇ ਆਪ ਪ੍ਰਭੂ ਦੇਂਦਾ ਹੈ, ਹੇ ਨਾਨਕ! ਜੋ ਮਨੁੱਖ ਗੁਰੂ ਦੇ ਹੁਕਮ ਵਿਚ ਤੁਰਦਾ ਹੈ ਉਸ ਨੂੰ ਸਿਫ਼ਤਿ-ਸਾਲਾਹ ਦੀ ਦਾਤਿ ਮਿਲਦੀ ਹੈ, ਉਹ ਹਰ ਵੇਲੇ ਪ੍ਰਭੂ ਦਾ ਨਾਮ ਜਪਦਾ ਹੈ ।੧।

ਮਃ ੩ ॥ ਬਿਨੁ ਸਤਿਗੁਰ ਸੇਵੇ ਸਾਤਿ ਨ ਆਵਈ ਦੂਜੀ ਨਾਹੀ ਜਾਇ ॥ ਜੇ ਬਹੁਤੇਰਾ ਲੋਚੀਐ ਵਿਣੁ ਕਰਮੈ ਨ ਪਾਇਆ ਜਾਇ ॥ ਜਿਨ੍ਹਾ ਅੰਤਰਿ ਲੋਭ ਵਿਕਾਰੁ ਹੈ ਦੂਜੈ ਭਾਇ ਖੁਆਇ ॥ ਜੰਮਣੁ ਮਰਣੁ ਨ ਚੁਕਈ ਹਉਮੈ ਵਿਚਿ ਦੁਖੁ ਪਾਇ ॥ ਜਿਨ੍ਹਾ ਸਤਿਗੁਰ ਸਿਉ ਚਿਤੁ ਲਾਇਆ ਸੁ ਖਾਲੀ ਕੋਈ ਨਾਹਿ ॥ ਤਿਨ ਜਮ ਕੀ ਤਲਬ ਨ ਹੋਵਈ ਨਾ ਓਇ ਦੁਖ ਸਹਾਹਿ ॥ ਨਾਨਕ ਗੁਰਮੁਖਿ ਉਬਰੇ ਸਚੈ ਸਬਦਿ ਸਮਾਹਿ ॥੨॥ {ਪੰਨਾ 516}

ਅਰਥ:- ਸਤਿਗੁਰੂ ਦੀ ਦੱਸੀ ਸੇਵਾ ਕਰਨ ਤੋਂ ਬਿਨਾ ਸ਼ਾਂਤੀ ਨਹੀਂ ਆਉਂਦੀ ਤੇ (ਸਤਿਗੁਰੂ ਤੋਂ ਬਿਨਾ) ਹੋਰ ਕੋਈ ਥਾਂ ਨਹੀਂ (ਜਿਥੇ ਇਹ ਮਿਲ ਸਕੇ) ਭਾਵੇਂ ਕਿਤਨੀ ਹੀ ਤਾਂਘ ਕਰੀਏ, ਮੇਹਰ ਤੋਂ ਬਿਨਾ ਪ੍ਰਭੂ ਦੀ ਪ੍ਰਾਪਤੀ ਨਹੀਂ ਹੋ ਸਕਦੀ । ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਲੋਭ ਦਾ ਔਗੁਣ ਹੈ, ਉਹ ਮਾਇਆ ਦੇ ਪਿਆਰ ਵਿਚ ਭੁੱਲੇ ਹੋਏ ਹਨ, ਉਹਨਾਂ ਦਾ ਜੰਮਣਾ ਮਰਣਾ ਮੁੱਕਦਾ ਨਹੀਂ ਤੇ ਉਹ ਅਹੰਕਾਰ ਵਿਚ ਕਲੇਸ਼ ਉਠਾਉਂਦੇ ਹਨ । ਜਿਨ੍ਹਾਂ ਮਨੁੱਖਾਂ ਨੇ ਆਪਣੇ ਸਤਿਗੁਰੂ ਨਾਲ ਚਿੱਤ ਜੋੜਿਆ ਹੈ ਉਹਨਾਂ ਵਿਚੋਂ (ਪ੍ਰਭੂ ਦੇ ਮਿਲਾਪ ਤੋਂ) ਵਾਂਜਿਆਂ ਕੋਈ ਨਹੀਂ ਰਿਹਾ, ਨਾਹ ਤਾਂ ਉਹਨਾਂ ਨੂੰ ਜਮ ਦਾ ਸੱਦਾ ਪੈਂਦਾ ਹੈ ਤੇ ਨਾਹ ਉਹ ਦੁੱਖ ਸਹਿੰਦੇ ਹਨ (ਭਾਵ, ਉਹਨਾਂ ਨੂੰ ਮੌਤ ਦਾ ਸਹਮ ਪੋਹ ਨਹੀਂ ਸਕਦਾ) ।

ਹੇ ਨਾਨਕ! ਜੋ ਮਨੁੱਖ ਗੁਰੂ ਦੇ ਸਨਮੁਖ ਹੋਏ ਹਨ, ਉਹ (ਦੁੱਖਾਂ ਤੋਂ) ਬਚ ਗਏ ਹਨ ਤੇ ਸੱਚੇ ਸ਼ਬਦ ਵਿਚ ਲੀਨ ਰਹਿੰਦੇ ਹਨ ।੨।

ਪਉੜੀ ॥ ਢਾਢੀ ਤਿਸ ਨੋ ਆਖੀਐ ਜਿ ਖਸਮੈ ਧਰੇ ਪਿਆਰੁ ॥ ਦਰਿ ਖੜਾ ਸੇਵਾ ਕਰੇ ਗੁਰ ਸਬਦੀ ਵੀਚਾਰੁ ॥ ਢਾਢੀ ਦਰੁ ਘਰੁ ਪਾਇਸੀ ਸਚੁ ਰਖੈ ਉਰ ਧਾਰਿ ॥ ਢਾਢੀ ਕਾ ਮਹਲੁ ਅਗਲਾ ਹਰਿ ਕੈ ਨਾਇ ਪਿਆਰਿ ॥ ਢਾਢੀ ਕੀ ਸੇਵਾ ਚਾਕਰੀ ਹਰਿ ਜਪਿ ਹਰਿ ਨਿਸਤਾਰਿ ॥੧੮॥ {ਪੰਨਾ 516}

ਪਦਅਰਥ:- ਮਹਲੁ—ਨਿਵਾਸ-ਅਸਥਾਨ, ਆਤਮਕ ਅਵਸਥਾ । ਅਗਲਾ—ਉੱਚਾ ।

ਅਰਥ:- ਜੋ ਮਨੁੱਖ ਆਪਣੇ ਮਾਲਕ-ਪ੍ਰਭੂ ਨਾਲ ਪਿਆਰ ਪਾਉਂਦਾ ਹੈ, ਉਹੀ ਪ੍ਰਭੂ ਦਾ ਢਾਢੀ ਅਖਵਾ

ਸਕਦਾ ਹੈ (ਭਾਵ, ਪ੍ਰਭੂ ਦੀ ਸਿਫ਼ਤਿ-ਸਾਲਾਹ ਉਹੀ ਬੰਦਾ ਕਰ ਸਕਦਾ ਹੈ), ਉਹ ਮਨੁੱਖ ਪ੍ਰਭੂ ਦੀ ਹਜ਼ੂਰੀ ਵਿਚ ਟਿਕ ਕੇ ਉਸ ਦਾ ਸਿਮਰਨ ਕਰਦਾ ਹੈ ਤੇ ਗੁਰੂ ਦੇ ਸ਼ਬਦ ਰਾਹੀਂ ਉਸ ਦੇ ਗੁਣਾਂ ਦੀ ਵਿਚਾਰ ਕਰਦਾ ਹੈ । ਜਿਉਂ ਜਿਉਂ ਉਹ ਪ੍ਰਭੂ ਨੂੰ ਆਪਣੇ ਹਿਰਦੇ ਵਿਚ ਵਸਾਉਂਦਾ ਹੈ, ਉਹ ਪ੍ਰਭੂ ਦੇ ਚਰਨਾਂ ਵਿਚ ਜੁੜਦਾ ਹੈ (ਪ੍ਰਭੂ ਦੀ ਹਜ਼ੂਰੀ ਉਸ ਨੂੰ ਪ੍ਰਾਪਤ ਹੁੰਦੀ ਹੈ), ਪ੍ਰਭੂ ਦੇ ਨਾਮ ਵਿਚ ਪਿਆਰ ਕਰਨ ਨਾਲ ਉਸ ਦੇ ਮਨ ਦੀ ਅਵਸਥਾ ਬਹੁਤ ਉੱਚੀ ਹੋ ਜਾਂਦੀ ਹੈ, ਬੱਸ, ਉਹ ਢਾਢੀ ਇਹੀ ਸੇਵਾ ਕਰਦਾ ਹੈ, ਇਹੀ ਚਾਕਰੀ ਕਰਦਾ ਹੈ ਕਿ ਉਹ ਪ੍ਰਭੂ ਦਾ ਨਾਮ ਜਪਦਾ ਹੈ, ਤੇ ਪ੍ਰਭੂ ਉਸ ਨੂੰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ ।੧੮।

ਸਲੋਕੁ ਮਃ ੩ ॥ ਗੂਜਰੀ ਜਾਤਿ ਗਵਾਰਿ ਜਾ ਸਹੁ ਪਾਏ ਆਪਣਾ ॥ ਗੁਰ ਕੈ ਸਬਦਿ ਵੀਚਾਰਿ ਅਨਦਿਨੁ ਹਰਿ ਜਪੁ ਜਾਪਣਾ ॥ ਜਿਸੁ ਸਤਿਗੁਰੁ ਮਿਲੈ ਤਿਸੁ ਭਉ ਪਵੈ ਸਾ ਕੁਲਵੰਤੀ ਨਾਰਿ ॥ ਸਾ ਹੁਕਮੁ ਪਛਾਣੈ ਕੰਤ ਕਾ ਜਿਸ ਨੋ ਕ੍ਰਿਪਾ ਕੀਤੀ ਕਰਤਾਰਿ ॥ ਓਹ ਕੁਚਜੀ ਕੁਲਖਣੀ ਪਰਹਰਿ ਛੋਡੀ ਭਤਾਰਿ ॥ ਭੈ ਪਇਐ ਮਲੁ ਕਟੀਐ ਨਿਰਮਲ ਹੋਵੈ ਸਰੀਰੁ ॥ ਅੰਤਰਿ ਪਰਗਾਸੁ ਮਤਿ ਊਤਮ ਹੋਵੈ ਹਰਿ ਜਪਿ ਗੁਣੀ ਗਹੀਰੁ ॥ ਭੈ ਵਿਚਿ ਬੈਸੈ ਭੈ ਰਹੈ ਭੈ ਵਿਚਿ ਕਮਾਵੈ ਕਾਰ ॥ ਐਥੈ ਸੁਖੁ ਵਡਿਆਈਆ ਦਰਗਹ ਮੋਖ ਦੁਆਰ ॥ ਭੈ ਤੇ ਨਿਰਭਉ ਪਾਈਐ ਮਿਲਿ ਜੋਤੀ ਜੋਤਿ ਅਪਾਰ ॥ ਨਾਨਕ ਖਸਮੈ ਭਾਵੈ ਸਾ ਭਲੀ ਜਿਸ ਨੋ ਆਪੇ ਬਖਸੇ ਕਰਤਾਰੁ ॥੧॥ {ਪੰਨਾ 516}

ਪਦਅਰਥ:- ਗੂਜਰੀ ਜਾਤਿ ਗਵਾਰਿ—{ਕਈ ਟੀਕਾਕਾਰ ਇਸ ਦਾ ਅਰਥ ਕਰਦੇ ਹਨ—ਹੇ ਗਵਾਰ! ਉਮਰਾ ਗੁਜ਼ਰਦੀ ਜਾਂਦੀ ਹੈ । ਇਹ ਅਰਥ ਗ਼ਲਤ ਹੈ, ਲਫ਼ਜ਼ 'ਜਾਤਿ' ਦਾ ਅਰਥ 'ਜਾਂਦੀ' ਨਹੀਂ ਹੋ ਸਕਦਾ, ਉਹ ਲਫ਼ਜ਼ 'ਜਾਤ' ਹੈ, ਜਿਵੇਂ 'ਬਹਤੀ ਜਾਤ ਕਦੇ ਦ੍ਰਿਸਟਿ ਨਾ ਧਾਰਤ' ॥੧॥੨੬॥੩੨॥ (ਸੂਹੀ ਮ: ੫) ਗਵਾਰ ਜਾਤਿ ਵਾਲੀ ਗੁਜਰੀ, ਮੋਟੀ ਜਾਤਿ ਗੁਜਰੀ (ਏਥੇ ਇਸ਼ਾਰਾ ਸ੍ਰੀ ਕ੍ਰਿਸ਼ਨ ਜੀ ਤੇ ਚੰਦ੍ਰਾਵਲਿ ਹੈ} । ਅਨਦਿਨੁ—ਹਰ ਰੋਜ਼ । ਭਉ—ਰੱਬ ਦਾ ਡਰ । ਕੁਲਵੰਤੀ—ਚੰਗੀ ਕੁਲ ਵਾਲੀ । ਕਰਤਾਰਿ—ਕਰਤਾਰ ਨੇ । ਕੁਲਖਣੀ—ਭੈੜੇ ਲੱਛਣਾਂ ਵਾਲੀ । ਪਰਹਰਿ ਛੋਡੀ—ਤਿਆਗ ਦਿੱਤੀ । ਭਤਾਰਿ—ਭਤਾਰ ਨੇ । ਭੈ ਪਇਐ—(ਇਹ ਦੋਵੇਂ ਲਫ਼ਜ਼ ਵਿਆਕਰਣ ਅਨੁਸਾਰ 'ਅਧਿਕਰਣ ਕਾਰਕ, ਇਕ- ਵਚਨ' ਵਿਚ ਹਨ) । ਇਸ 'ਵਾਕਾਂਸ਼' (Phrase) ਨੂੰ ਅੰਗਰੇਜ਼ੀ ਵਿਚ Locative Absolute ਆਖਦੇ ਹਨ ਤੇ ਪੰਜਾਬੀ ਵਿਚ 'ਪੂਰਬ ਪੂਰਣ ਕਾਰਦੰਤਕ' (ਹਿਰਦੇ ਵਿਚ) ਰੱਬ ਦਾ ਡਰ ਪਿਆਂ । ਗੁਣੀ ਗਹੀਰੁ—ਗੁਣਾਂ ਦਾ ਖ਼ਜ਼ਾਨਾ । ਬੈਸੈ—ਬੈਠਦਾ ਹੈ । ਕਰਤਾਰੁ—(ਲਫ਼ਜ਼ 'ਕਰਤਾਰਿ' ਤੇ 'ਕਰਤਾਰੁ' ਦਾ ਵਿਆਕਰਣਿਕ ਫ਼ਰਕ ਚੇਤੇ ਰੱਖਣ-ਜੋਗ ਹੈ) ।

ਅਰਥ:- ਮੋਟੀ ਜਾਤਿ ਦੀ ਗੁਜਰੀ ਕੁਲਵੰਤੀ ਇਸਤ੍ਰੀ ਬਣ ਗਈ (ਉੱਚੀ ਜਾਤਿ ਵਾਲੀ ਹੋ ਗਈ) ਜਦੋਂ ਉਸ ਨੇ ਆਪਣਾ ਖਸਮ ਲੱਭ ਲਿਆ; (ਤਿਵੇਂ ਹੀ) ਉਹ (ਜੀਵ-) ਇਸਤ੍ਰੀ ਕੁਲਵੰਤੀ ਹੋ ਜਾਂਦੀ ਹੈ ਜੋ ਸਤਿਗੁਰੂ ਦੇ ਸ਼ਬਦ ਦੁਆਰਾ ਵਿਚਾਰ ਕਰ ਕੇ ਹਰ ਰੋਜ਼ ਪ੍ਰਭੂ ਦਾ ਸਿਮਰਨ ਕਰਦੀ ਹੈ (ਕਿਉਂਕਿ) ਜਿਸ ਨੂੰ ਗੁਰੂ ਮਿਲ ਪੈਂਦਾ ਹੈ ਉਸ ਦੇ ਅੰਦਰ ਪਰਮਾਤਮਾ ਦਾ ਡਰ ਪੈਦਾ ਹੁੰਦਾ ਹੈ, ਉਹ ਖਸਮ-ਪ੍ਰਭੂ ਦਾ ਹੁਕਮ ਸਮਝ ਲੈਂਦੀ ਹੈ (ਪਰ ਇਹ ਉਹੀ ਜੀਵ-ਇਸਤ੍ਰੀ ਕਰਦੀ ਹੈ) ਜਿਸ ਤੇ ਕਰਤਾਰ ਨੇ ਆਪ ਮਿਹਰ ਕੀਤੀ ਹੋਵੇ ।

(ਦੂਜੇ ਪਾਸੇ) ਜਿਸ ਨੂੰ ਖਸਮ ਨੇ ਛੁੱਟੜ ਛੱਡ ਦਿੱਤਾ ਹੋਵੇ, ਉਹ ਇਸਤ੍ਰੀ ਕੁਚੱਜੀ ਤੇ ਖੋਟੇ ਲੱਛਣਾਂ ਵਾਲੀ ਹੁੰਦੀ ਹੈ ।

ਜੇ ਹਿਰਦੇ ਵਿਚ ਪ੍ਰਭੂ ਦਾ ਡਰ ਆ ਵੱਸੇ, ਤਾਂ ਮਨ ਦੀ ਮੈਲ ਕੱਟੀ ਜਾਂਦੀ ਹੈ, ਸਰੀਰ ਭੀ ਪਵਿੱਤ੍ਰ ਹੋ ਜਾਂਦਾ ਹੈ; ਗੁਣਾਂ ਦੇ ਖ਼ਜ਼ਾਨੇ ਪਰਮਾਤਮਾ ਦਾ ਸਿਮਰਨ ਕਰ ਕੇ ਅੰਦਰ ਚਾਨਣ ਹੋ ਜਾਂਦਾ ਹੈ, ਮਤਿ ਉੱਜਲੀ ਹੋ ਜਾਂਦੀ ਹੈ । (ਅਜੇਹੀ ਜੀਵ-ਇਸਤ੍ਰੀ) ਪਰਮਾਤਮਾ ਦੇ ਡਰ ਵਿਚ ਬੈਠਦੀ ਹੈ, ਡਰ ਵਿਚ ਰਹਿੰਦੀ ਹੈ, ਡਰ ਵਿਚ ਕਿਰਤਕਾਰ ਕਰਦੀ ਹੈ, (ਫਿਰ) ਉਸ ਨੂੰ ਇਸ ਜੀਵਨ ਵਿਚ ਆਦਰ ਤੇ ਸੁਖ ਮਿਲਦਾ ਹੈ ਤੇ ਪ੍ਰਭੂ ਦੀ ਹਜ਼ੂਰੀ ਦਾ ਦਰਵਾਜ਼ਾ ਉਸ ਲਈ ਖੁਲ੍ਹ ਜਾਂਦਾ ਹੈ । ਬੇਅੰਤ ਪ੍ਰਭੂ ਦੀ ਜੋਤਿ ਵਿਚ ਆਤਮਾ ਜੋੜਨ ਨਾਲ ਤੇ ਉਸ ਦੇ ਡਰ ਵਿਚ ਰਹਿਣ ਨਾਲ ਉਹ ਨਿਰਭਉ ਪ੍ਰਭੂ ਮਿਲ ਪੈਂਦਾ ਹੈ; ਪਰ, ਹੇ ਨਾਨਕ! ਜਿਸ ਨੂੰ ਕਰਤਾਰ ਆਪ ਬਖ਼ਸ਼ਸ਼ ਕਰੇ ਉਹੀ ਜੀਵ-ਇਸਤ੍ਰੀ ਖਸਮ-ਪ੍ਰਭੂ ਨੂੰ ਪਿਆਰੀ ਲੱਗਦੀ ਹੈ, ਉਹ ਚੰਗੀ ਹੈ ।੧।

ਮਃ ੩ ॥ ਸਦਾ ਸਦਾ ਸਾਲਾਹੀਐ ਸਚੇ ਕਉ ਬਲਿ ਜਾਉ ॥ ਨਾਨਕ ਏਕੁ ਛੋਡਿ ਦੂਜੈ ਲਗੈ ਸਾ ਜਿਹਵਾ ਜਲਿ ਜਾਉ ॥੨॥ {ਪੰਨਾ 516}

ਅਰਥ:- ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੀ ਹੀ ਸਦਾ ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ, ਮੈਂ ਪ੍ਰਭੂ ਤੋਂ ਸਦਕੇ ਹਾਂ । ਪਰ, ਹੇ ਨਾਨਕ! ਉਹ ਜੀਭ ਸੜ ਜਾਏ ਜੋ ਇਕ ਪ੍ਰਭੂ ਨੂੰ ਛੱਡ ਕੇ ਕਿਸੇ ਹੋਰ (ਦੀ ਯਾਦ) ਵਿਚ ਲੱਗੇ ।੨।

ਪਉੜੀ ॥ ਅੰਸਾ ਅਉਤਾਰੁ ਉਪਾਇਓਨੁ ਭਾਉ ਦੂਜਾ ਕੀਆ ॥ ਜਿਉ ਰਾਜੇ ਰਾਜੁ ਕਮਾਵਦੇ ਦੁਖ ਸੁਖ ਭਿੜੀਆ ॥ ਈਸਰੁ ਬ੍ਰਹਮਾ ਸੇਵਦੇ ਅੰਤੁ ਤਿਨ੍ਹੀ ਨ ਲਹੀਆ ॥ ਨਿਰਭਉ ਨਿਰੰਕਾਰੁ ਅਲਖੁ ਹੈ ਗੁਰਮੁਖਿ ਪ੍ਰਗਟੀਆ ॥ ਤਿਥੈ ਸੋਗੁ ਵਿਜੋਗੁ ਨ ਵਿਆਪਈ ਅਸਥਿਰੁ ਜਗਿ ਥੀਆ ॥੧੯॥

ਪਦਅਰਥ:- ਅੰਸ—(ਸੰ: ਅੰਸ, ਅੰਸ਼) ਹਿੱਸਾ । ਅੰਸਾ ਅਉਤਾਰ—(ਪਰਮਾਤਮਾ ਦੇ) ਅੰਸਾਂ ਦਾ (ਜਗਤ ਵਿਚ) ਆਉਣਾ, ਦੇਵਤੇ ਆਦਿਕਾਂ ਦਾ ਜਨਮ । ਉਪਾਇਓਨੁ—ਉਸ (ਪ੍ਰਭੂ) ਨੇ ਉਪਾਇਆ । ਦੂਜਾ ਭਾਉ—ਮਾਇਆ ਦਾ ਮੋਹ । ਜਿਉ ਰਾਜੇ—ਰਾਜਿਆਂ ਵਾਂਗ । ਈਸਰ—ਸ਼ਿਵ । ਤਿਨ੍ਹੀ—ਉਹਨਾਂ ਨੇ ਭੀ । ਤਿਥੈ—(ਗੁਰਮੁਖ ਵਾਲੀ) ਅਵਸਥਾ ਵਿਚ । ਸੋਗੁ—ਚਿੰਤਾ । ਵਿਜੋਗੁ—ਵਿਛੋੜਾ । ਜਗਿ—ਜਗਤ ਵਿਚ ।

ਅਰਥ:- ਦੇਵਤੇ ਆਦਿਕਾਂ ਦਾ (ਭੀ) ਜਨਮ ਪ੍ਰਭੂ ਨੇ ਆਪ ਹੀ ਕੀਤਾ ਤੇ ਮਾਇਆ ਦਾ ਮੋਹ ਭੀ ਆਪ ਹੀ ਬਣਾਇਆ । (ਉਹ ਦੇਵਤੇ ਭੀ) ਰਾਜਿਆਂ ਵਾਂਗ ਰਾਜ ਕਰਦੇ ਰਹੇ ਤੇ ਦੁੱਖਾਂ ਸੁਖਾਂ ਦੀ ਖ਼ਾਤਰ ਲੜਦੇ ਰਹੇ । ਬ੍ਰਹਮਾ ਤੇ ਸ਼ਿਵ (ਵਰਗੇ ਵੱਡੇ ਦੇਵਤੇ ਪ੍ਰਭੂ ਨੂੰ) ਸਿਮਰਦੇ ਰਹੇ ਪਰ ਉਹਨਾਂ ਭੀ (ਉਸ ਦੀ ਅਜਬ ਖੇਡ ਦਾ) ਭੇਦ ਨਾਹ ਲੱਭਾ ।

ਪਰਮਾਤਮਾ ਨਿ-ਡਰ ਹੈ, ਆਕਾਰ-ਰਹਿਤ ਹੈ ਤੇ ਲਖਿਆ ਨਹੀਂ ਜਾ ਸਕਦਾ, ਗੁਰਮੁਖ ਦੇ ਅੰਦਰ ਪਰਗਟ ਹੁੰਦਾ ਹੈ, ਗੁਰਮੁਖ ਅਵਸਥਾ ਵਿਚ ਚਿੰਤਾ ਤੇ (ਪ੍ਰਭੂ ਨਾਲੋਂ) ਵਿਛੋੜਾ ਦਬਾ ਨਹੀਂ ਪਾ ਸਕਦੇ, ਗੁਰਮੁਖ ਜਗਤ ਵਿਚ (ਮਾਇਆ ਦੇ ਮੋਹ ਵਲੋਂ) ਅਡੋਲ ਰਹਿੰਦਾ ਹੈ ।੧੯।

ਸਲੋਕੁ ਮਃ ੩ ॥ ਏਹੁ ਸਭੁ ਕਿਛੁ ਆਵਣ ਜਾਣੁ ਹੈ ਜੇਤਾ ਹੈ ਆਕਾਰੁ ॥ ਜਿਨਿ ਏਹੁ ਲੇਖਾ ਲਿਖਿਆ ਸੋ ਹੋਆ ਪਰਵਾਣੁ ॥ ਨਾਨਕ ਜੇ ਕੋ ਆਪੁ ਗਣਾਇਦਾ ਸੋ ਮੂਰਖੁ ਗਾਵਾਰੁ ॥੧॥ {ਪੰਨਾ 516}

ਪਦਅਰਥ:- ਜਿਨਿ—ਜਿਸ ਮਨੁੱਖ ਨੇ । ਏਹੁ ਲੇਖਾ ਲਿਖਿਆ—ਇਹ ਗੱਲ ਸਮਝ ਲਈ । ਆਪੁ—ਆਪਣੇ ਆਪ ਨੂੰ । ਗਣਾਇਦਾ—ਵੱਡਾ ਅਖਵਾਂਦਾ ।

ਅਰਥ:- ਜਿਤਨਾ ਇਹ ਜਗਤ ਦਿੱਸ ਰਿਹਾ ਹੈ ਇਹ ਸਾਰਾ ਆਉਣ ਜਾਣ ਵਾਲਾ ਹੈ (ਭਾਵ, ਕਦੇ ਇਕੋ ਹਾਲਤ ਵਿਚ ਨਹੀਂ ਰਹਿੰਦਾ, ਸੋ, ਕਿਸੇ ਰਾਜ ਧਨ ਮਿਲਖ ਆਦਿਕ ਤੇ ਮਾਣ ਕਰਨਾ ਮੂਰਖਤਾ ਹੈ) ਜਿਸ ਮਨੁੱਖ ਨੇ ਇਹ ਗੱਲ ਸਮਝ ਲਈ ਉਹ (ਪ੍ਰਭੂ ਦੀ ਹਜ਼ੂਰੀ ਵਿਚ) ਕਬੂਲ ਹੁੰਦਾ ਹੈ; ਪਰ, ਹੇ ਨਾਨਕ! ਜੋ (ਇਸ 'ਆਕਾਰ' ਦੇ ਆਸਰੇ) ਆਪਣੇ ਆਪ ਨੂੰ ਵੱਡਾ ਅਖਵਾਂਦਾ ਹੈ (ਭਾਵ, ਮਾਣ ਕਰਦਾ ਹੈ) ਉਹ ਮੂਰਖ ਹੈ ਉਹ ਗਵਾਰ ਹੈ ।੧।

ਮਃ ੩ ॥ ਮਨੁ ਕੁੰਚਰੁ ਪੀਲਕੁ ਗੁਰੂ ਗਿਆਨੁ ਕੁੰਡਾ ਜਹ ਖਿੰਚੇ ਤਹ ਜਾਇ ॥ ਨਾਨਕ ਹਸਤੀ ਕੁੰਡੇ ਬਾਹਰਾ ਫਿਰਿ ਫਿਰਿ ਉਝੜਿ ਪਾਇ ॥੨॥

ਪਦਅਰਥ:- ਕੁੰਚਰੁ—ਹਾਥੀ । ਪੀਲਕੁ—ਹਾਥੀ ਨੂੰ ਚਲਾਣ ਵਾਲਾ, ਮਹਾਵਤ । ਗਿਆਨ—ਗੁਰੂ ਦੀ ਦਿੱਤੀ ਮਤਿ । ਜਹ—ਜਿਧਰ । ਹਸਤੀ—ਹਾਥੀ । ਉਝੜਿ—ਕੁਰਾਹੇ, ਔਝੜੇ । ਪਾਇ—ਪੈਂਦਾ ਹੈ ।

ਅਰਥ:- ਮਨ (ਮਾਨੋ) ਹਾਥੀ ਹੈ; (ਜੇ) ਸਤਿਗੁਰੂ (ਇਸ ਦਾ) ਮਹਾਵਤ (ਬਣੇ, ਤੇ) ਗੁਰੂ ਦੀ ਦਿੱਤੀ ਮਤਿ (ਇਸ ਦੇ ਸਿਰ ਤੇ) ਕੁੰਡਾ ਹੋਵੇ, ਤਾਂ ਇਹ ਮਨ ਓਧਰ ਜਾਂਦਾ ਹੈ ਜਿਧਰ ਗੁਰੂ ਤੋਰਦਾ ਹੈ । ਪਰ, ਹੇ ਨਾਨਕ! ਕੁੰਡੇ ਤੋਂ ਬਿਨਾ ਹਾਥੀ ਮੁੜ ਮੁੜ ਕੁਰਾਹੇ ਪੈਂਦਾ ਹੈ ।੨।

ਪਉੜੀ ॥ ਤਿਸੁ ਆਗੈ ਅਰਦਾਸਿ ਜਿਨਿ ਉਪਾਇਆ ॥ ਸਤਿਗੁਰੁ ਅਪਣਾ ਸੇਵਿ ਸਭ ਫਲ ਪਾਇਆ ॥ ਅੰਮ੍ਰਿਤ ਹਰਿ ਕਾ ਨਾਉ ਸਦਾ ਧਿਆਇਆ ॥ ਸੰਤ ਜਨਾ ਕੈ ਸੰਗਿ ਦੁਖੁ ਮਿਟਾਇਆ ॥ ਨਾਨਕ ਭਏ ਅਚਿੰਤੁ ਹਰਿ ਧਨੁ ਨਿਹਚਲਾਇਆ ॥੨੦॥ {ਪੰਨਾ 517}

ਪਦਅਰਥ:- ਜਿਨਿ—ਜਿਸ ਪ੍ਰਭੂ ਨੇ । ਸੇਵਿ—ਸੇਵਾ ਕਰ ਕੇ, ਹੁਕਮ ਕਰ ਕੇ । ਅਚਿੰਤੁ—ਬੇ-ਫ਼ਿਕਰ ।

ਅਰਥ:- ਜਿਸ ਪ੍ਰਭੂ ਨੇ 'ਭਾਉ ਦੂਜਾ' ਪੈਦਾ ਕੀਤਾ ਹੈ ਜੇ ਉਸ ਦੀ ਹਜ਼ੂਰੀ ਵਿਚ ਅਰਦਾਸ ਕਰੀਏ, ਜੇ ਸਤਿਗੁਰੂ ਦੇ ਹੁਕਮ ਵਿਚ ਤੁਰੀਏ ਤਾਂ (ਮਾਨੋ) ਸਾਰੇ ਫਲ ਮਿਲ ਜਾਂਦੇ ਹਨ, ਪ੍ਰਭੂ ਦਾ ਅੰਮ੍ਰਿਤ-ਨਾਮ ਸਦਾ ਸਿਮਰ ਸਕੀਦਾ ਹੈ, ਗੁਰਮੁਖਾਂ ਦੀ ਸੰਗਤਿ ਵਿਚ ਰਹਿ ਕੇ (ਦੂਜੇ ਭਾਉ ਦਾ) ਦੁਖ ਮਿਟਾ ਸਕੀਦਾ ਹੈ, ਤੇ, ਹੇ ਨਾਨਕ! ਕਦੇ ਨਾਹ ਨਾਸ ਹੋਣ ਵਾਲਾ ਨਾਮ-ਧਨ ਖੱਟ ਕੇ ਬੇ-ਫ਼ਿਕਰ ਹੋ ਜਾਈਦਾ ਹੈ ।੨੦।

ਸਲੋਕ ਮਃ ੩ ॥ ਖੇਤਿ ਮਿਆਲਾ ਉਚੀਆ ਘਰੁ ਉਚਾ ਨਿਰਣਉ ॥ ਮਹਲ ਭਗਤੀ ਘਰਿ ਸਰੈ ਸਜਣ ਪਾਹੁਣਿਅਉ ॥ ਬਰਸਨਾ ਤ ਬਰਸੁ ਘਨਾ ਬਹੁੜਿ ਬਰਸਹਿ ਕਾਹਿ ॥ ਨਾਨਕ ਤਿਨ੍ ਬਲਿਹਾਰਣੈ ਜਿਨ੍ ਗੁਰਮੁਖਿ ਪਾਇਆ ਮਨ ਮਾਹਿ ॥੧॥ {ਪੰਨਾ 517}

ਪਦਅਰਥ:- ਖੇਤਿ—ਪੈਲੀ ਵਿਚ । ਮਿਆਲਾ—ਵੱਟਾਂ । ਘਰੁ ਉਚਾ—ਬੱਦਲ । ਨਿਰਣਉ—ਤੱਕ ਕੇ । ਮਹਲ ਘਰਿ—(ਜਿਸ ਜੀਵ-) ਇਸਤ੍ਰੀ ਦੇ ਘਰ ਵਿਚ । ਸਰੈ—ਬਣੀ ਹੋਈ ਹੈ, ਫਬੀ ਹੈ । ਸਜਣ— ਪ੍ਰਭੂ ਜੀ । ਘਨਾ—ਹੇ ਘਨ! ਹੇ ਬੱਦਲ! ਹੇ ਸਤਿਗੁਰੂ! ਬਹੁੜਿ—ਫੇਰ । ਕਾਹਿ—ਕਾਹਦੇ ਲਈ?

ਅਰਥ:- ਬੱਦਲ ਵੇਖ ਕੇ (ਜੱਟ) ਪੈਲੀ ਵਿਚ ਵੱਟਾਂ ਉੱਚੀਆਂ ਕਰ ਦੇਂਦਾ ਹੈ (ਤੇ ਵਰਖਾ ਦਾ ਪਾਣੀ ਉਸ ਪੈਲੀ ਵਿਚ ਆ ਖਲੋਂਦਾ ਹੈ), (ਤਿਵੇਂ ਹੀ, ਜਿਸ ਜੀਵ-) ਇਸਤ੍ਰੀ ਦੇ ਹਿਰਦੇ ਵਿਚ ਭਗਤੀ (ਦਾ ਉਛਾਲਾ) ਆਉਂਦਾ ਹੈ ਉਥੇ ਪ੍ਰਭੂ ਪ੍ਰਾਹੁਣਾ ਬਣ ਕੇ (ਭਾਵ, ਰਹਿਣ ਲਈ) ਆਉਂਦਾ ਹੈ ।

ਹੇ ਮੇਘ! (ਹੇ ਸਤਿਗੁਰੂ!) ਜੇ (ਨਾਮ ਦੀ) ਵਰਖਾ ਕਰਨੀ ਹੈ ਤਾਂ ਵਰਖਾ (ਹੁਣ) ਕਰ, (ਮੇਰੀ ਉਮਰ ਵਿਹਾ ਜਾਣ ਤੇ) ਫੇਰ ਕਾਹਦੇ ਲਈ ਵਰਖਾ ਕਰੇਂਗਾ?

ਹੇ ਨਾਨਕ! ਮੈਂ ਸਦਕੇ ਹਾਂ ਉਹਨਾਂ ਤੋਂ ਜਿਨ੍ਹਾਂ ਨੇ ਗੁਰੂ ਦੀ ਰਾਹੀਂ ਪ੍ਰਭੂ ਨੂੰ ਹਿਰਦੇ ਵਿਚ ਲੱਭ ਲਿਆ ਹੈ ।੧।

ਮਃ ੩ ॥ ਮਿਠਾ ਸੋ ਜੋ ਭਾਵਦਾ ਸਜਣੁ ਸੋ ਜਿ ਰਾਸਿ ॥ ਨਾਨਕ ਗੁਰਮੁਖਿ ਜਾਣੀਐ ਜਾ ਕਉ ਆਪਿ ਕਰੇ ਪਰਗਾਸੁ ॥੨॥ {ਪੰਨਾ 517}

ਪਦਅਰਥ:- ਮਿਠਾ—ਪਿਆਰਾ । ਭਾਵਦਾ—ਸਦਾ ਚੰਗਾ ਲੱਗਦਾ ਹੈ । ਜਿ—ਜੋ । ਰਾਸਿ—ਮੁਆਫ਼ਿਕ । ਜਿ ਰਾਸਿ—ਜੋ ਸਦਾ ਮੁਆਫ਼ਿਕ ਆਵੇ, ਜਿਸ ਨਾਲ ਸਦਾ ਬਣੀ ਰਹੇ ।

ਅਰਥ:- (ਅਸਲ) ਪਿਆਰਾ ਪਦਾਰਥ ਉਹ ਹੈ ਜੋ ਸਦਾ ਚੰਗਾ ਲੱਗਦਾ ਰਹੇ, (ਅਸਲ) ਮਿੱਤ੍ਰ ਉਹ ਹੈ ਜਿਸ ਨਾਲ ਸਦਾ ਬਣੀ ਰਹੇ (ਪਰ 'ਦੂਜਾ ਭਾਵ' ਨਾਹ ਸਦਾ ਚੰਗਾ ਲੱਗਦਾ ਹੈ ਨਾਹ ਸਦਾ ਨਾਲ ਨਿਭਦਾ ਹੈ), ਹੇ ਨਾਨਕ! ਜਿਸ ਦੇ ਅੰਦਰ ਪ੍ਰਭੂ ਆਪ ਚਾਨਣ ਕਰੇ ਉਸ ਨੂੰ ਗੁਰੂ ਦੀ ਰਾਹੀਂ ਇਹ ਸਮਝ ਪੈਂਦੀ ਹੈ ।੨।

ਪਉੜੀ ॥ ਪ੍ਰਭ ਪਾਸਿ ਜਨ ਕੀ ਅਰਦਾਸਿ ਤੂ ਸਚਾ ਸਾਂਈ ॥ ਤੂ ਰਖਵਾਲਾ ਸਦਾ ਸਦਾ ਹਉ ਤੁਧੁ ਧਿਆਈ ॥ ਜੀਅ ਜੰਤ ਸਭਿ ਤੇਰਿਆ ਤੂ ਰਹਿਆ ਸਮਾਈ ॥ ਜੋ ਦਾਸ ਤੇਰੇ ਕੀ ਨਿੰਦਾ ਕਰੇ ਤਿਸੁ ਮਾਰਿ ਪਚਾਈ ॥ ਚਿੰਤਾ ਛਡਿ ਅਚਿੰਤੁ ਰਹੁ ਨਾਨਕ ਲਗਿ ਪਾਈ ॥੨੧॥ {ਪੰਨਾ 517}

ਪਦਅਰਥ:- ਜਨ—ਪ੍ਰਭੂ ਦਾ ਸੇਵਕ । ਹਉ—ਮੈਂ । ਪਾਈ—ਪੈਰੀਂ ।

ਅਰਥ:- ਪ੍ਰਭੂ ਦੇ ਸੇਵਕ ਦੀ ਅਰਦਾਸਿ ਪ੍ਰਭੂ ਦੀ ਹਜ਼ੂਰੀ ਵਿਚ (ਇਉਂ ਹੁੰਦੀ) ਹੈ—(ਹੇ ਪ੍ਰਭੂ!) ਤੂੰ ਸਦਾ ਰਹਿਣ ਵਾਲਾ ਮਾਲਕ ਹੈਂ, ਤੂੰ ਸਦਾ ਹੀ ਰਾਖਾ ਹੈਂ, ਮੈਂ ਤੈਨੂੰ ਸਿਮਰਦਾ ਹਾਂ, ਸਾਰੇ ਜੀਆ ਜੰਤ ਤੇਰੇ ਹੀ ਹਨ, ਤੂੰ ਇਹਨਾਂ ਵਿਚ ਮੌਜੂਦ ਹੈਂ । ਜੋ ਮਨੁੱਖ ਤੇਰੀ ਬੰਦਗੀ ਕਰਨ ਵਾਲੇ ਦੀ ਨਿੰਦਿਆ ਕਰਦਾ ਹੈ ਤੂੰ ਉਸ ਨੂੰ (ਆਤਮਕ ਮੌਤੇ) ਮਾਰ ਕੇ ਖ਼ੁਆਰ ਕਰਦਾ ਹੈਂ ।

ਹੇ ਨਾਨਕ! ਤੂੰ ਭੀ ਪ੍ਰਭੂ ਦੀ ਚਰਨੀਂ ਲੱਗ ਤੇ (ਦੁਨੀਆ ਵਾਲੀ) ਚਿੰਤਾ ਛੱਡ ਕੇ ਬੇ-ਫ਼ਿਕਰ ਹੋ ਰਹੁ ।੨੧।

ਸਲੋਕ ਮਃ ੩ ॥ ਆਸਾ ਕਰਤਾ ਜਗੁ ਮੁਆ ਆਸਾ ਮਰੈ ਨ ਜਾਇ ॥ ਨਾਨਕ ਆਸਾ ਪੂਰੀਆ ਸਚੇ ਸਿਉ ਚਿਤੁ ਲਾਇ ॥੧॥ {ਪੰਨਾ 517}

ਅਰਥ:- ਜਗਤ (ਦੁਨੀਆ ਦੀਆਂ) ਆਸਾਂ ਬਣਾ ਬਣਾ ਕੇ ਮਰ ਜਾਂਦਾ ਹੈ, ਪਰ ਇਹ ਆਸ ਕਦੇ ਮਰਦੀ ਨਹੀਂ; ਕਦੇ ਮੁੱਕਦੀ ਨਹੀਂ (ਭਾਵ, ਕਦੇ ਤ੍ਰਿਸ਼ਨਾ ਮੁੱਕਦੀ ਨਹੀਂ, ਕਦੇ ਸੰਤੋਖ ਨਹੀਂ ਆਉਂਦਾ) । ਹੇ ਨਾਨਕ! ਸਦਾ-ਥਿਰ ਰਹਿਣ ਵਾਲੇ ਪ੍ਰਭੂ ਨਾਲ ਚਿੱਤ ਜੋੜਿਆਂ ਮਨੁੱਖ ਦੀਆਂ ਆਸਾਂ ਪੂਰੀਆਂ ਹੋ ਜਾਂਦੀਆਂ ਹਨ (ਭਾਵ, ਤ੍ਰਿਸ਼ਨਾ ਮੁੱਕ ਜਾਂਦੀ ਹੈ) ।੧।

ਮਃ ੩ ॥ ਆਸਾ ਮਨਸਾ ਮਰਿ ਜਾਇਸੀ ਜਿਨਿ ਕੀਤੀ ਸੋ ਲੈ ਜਾਇ ॥ ਨਾਨਕ ਨਿਹਚਲੁ ਕੋ ਨਹੀ ਬਾਝਹੁ ਹਰਿ ਕੈ ਨਾਇ ॥੨॥ {ਪੰਨਾ 517}

ਪਦਅਰਥ:- ਮਨਸਾ—ਮਨ ਦਾ ਫੁਰਨਾ । ਜਿਨਿ—ਜਿਸ ਪ੍ਰਭੂ ਨੇ । ਕੀਤੀ—(ਆਸਾ ਮਨਸਾ) ਪੈਦਾ ਕੀਤੀ । ਸੋ—ਉਹੀ ਪ੍ਰਭੂ । ਲੈ ਜਾਇ—ਨਾਸ ਕਰੇ ।

ਅਰਥ:- ਇਹ ਦੁਨੀਆ ਦੀ ਆਸ, ਇਹ ਮਾਇਆ ਦਾ ਫੁਰਨਾ ਤਦੋਂ ਹੀ ਮੁੱਕਣਗੇ ਜਦੋਂ ਉਹ ਪ੍ਰਭੂ ਆਪ ਮੁਕਾਏਗਾ ਜਿਸ ਨੇ ਇਹ (ਆਸਾ ਮਨਸਾ) ਪੈਦਾ ਕੀਤੇ, (ਕਿਉਂਕਿ) ਹੇ ਨਾਨਕ! (ਤਦੋਂ ਹੀ ਯਕੀਨ ਬਣੇਗਾ ਕਿ) ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਕੋਈ ਸਦਾ-ਥਿਰ ਰਹਿਣ ਵਾਲਾ ਨਹੀਂ (ਫਿਰ ਕਿਸ ਦੀ ਆਸ ਬੰਨ੍ਹੀਏ?)।੨।

ਪਉੜੀ ॥ ਆਪੇ ਜਗਤੁ ਉਪਾਇਓਨੁ ਕਰਿ ਪੂਰਾ ਥਾਟੁ ॥ ਆਪੇ ਸਾਹੁ ਆਪੇ ਵਣਜਾਰਾ ਆਪੇ ਹੀ ਹਰਿ ਹਾਟੁ ॥ ਆਪੇ ਸਾਗਰੁ ਆਪੇ ਬੋਹਿਥਾ ਆਪੇ ਹੀ ਖੇਵਾਟੁ ॥ ਆਪੇ ਗੁਰੁ ਚੇਲਾ ਹੈ ਆਪੇ ਆਪੇ ਦਸੇ ਘਾਟੁ ॥ ਜਨ ਨਾਨਕ ਨਾਮੁ ਧਿਆਇ ਤੂ ਸਭਿ ਕਿਲਵਿਖ ਕਾਟੁ ॥੨੨॥੧॥ ਸੁਧੁ {ਪੰਨਾ 517}

ਪਦਅਰਥ:- ਉਪਾਇਓਨੁ—ਉਪਾਇਆ ਉਸ (ਪ੍ਰਭੂ) ਨੇ । ਥਾਟੁ—ਬਨਾਵਟ, ਬਣਤਰ । ਪੂਰਾ—ਮੁਕੰਮਲ, ਜਿਸ ਵਿਚ ਕੋਈ ਊਣਤਾ ਨਾਹ ਹੋਵੇ । ਵਣਜਾਰਾ—ਵਾਪਾਰੀ । ਹਾਟੁ—ਹੱਟ (ਜਿਥੇ ਸੌਦਾ ਹੋ ਰਿਹਾ ਹੈ) । ਬੋਹਿਥਾ—ਜਹਾਜ਼ । ਖੇਵਾਟੁ—ਮਲਾਹ । ਘਾਟੁ—ਪੱਤਣ । ਕਿਲਵਿਖ—ਪਾਪ ।

ਅਰਥ:- ਮੁਕੰਮਲ ਬਣਤਰ ਬਣਾ ਕੇ ਪ੍ਰਭੂ ਨੇ ਆਪ ਹੀ ਜਗਤ ਪੈਦਾ ਕੀਤਾ, ਏਥੇ ਪ੍ਰਭੂ ਆਪ ਹੀ ਸਮੁੰਦਰ ਹੈ, ਆਪ ਹੀ ਜਹਾਜ਼ ਹੈ, ਤੇ ਆਪ ਹੀ ਮੱਲਾਹ ਹੈ, ਏਥੇ ਆਪ ਹੀ ਗੁਰੂ ਹੈ, ਆਪ ਹੀ ਸਿੱਖ ਹੈ, ਤੇ ਆਪ ਹੀ (ਪਾਰਲਾ) ਪੱਤਣ ਵਿਖਾਂਦਾ ਹੈ ।

ਹੇ ਦਾਸ ਨਾਨਕ! ਤੂੰ ਉਸ ਪ੍ਰਭੂ ਦਾ ਨਾਮ ਸਿਮਰ ਤੇ ਆਪਣੇ ਸਾਰੇ ਪਾਪ ਦੂਰ ਕਰ ਲੈ ।੨੨।੧।ਸੁਧੁ।

ਨੋਟ:- ਸ੍ਰੀ ਕਰਤਾਰਪੁਰ ਵਾਲੀ 'ਬੀੜ' ਵਿਚ ਇਸ 'ਵਾਰ' ਦੀ 'ਬਾਣੀ' ਦੀ ਲਿਖਤ ਨਾਲੋਂ 'ਸਲੋਕ ਮ: ੩' ਆਦਿਕ ਸਾਰੇ ਸਿਰ-ਲੇਖ ਬਰੀਕ, ਲਿਖਤ ਦੇ ਹਨ । ਇਸ ਤੋਂ ਅੰਦਾਜ਼ਾ ਇਹ ਲੱਗ ਸਕਦਾ ਹੈ ਕਿ ਸਿਰ-ਲੇਖਾਂ ਵਾਸਤੇ ਪਹਿਲਾਂ ਥਾਂ ਖ਼ਾਲੀ ਰਖੀ ਗਈ ਹੈ, ਫਿਰ ਚੰਗੀ ਤਰ੍ਹਾਂ ਸੋਧ ਕੇ (ਕਿ ਸਲੋਕ ਠੀਕ ਉਸੇ ਹੀ ਗੁਰ-ਵਿਅਕਤੀ ਦੇ ਹਨ) 'ਸਿਰ-ਲੇਖ' ਬਾਰੀਕ ਕਲਮ ਨਾਲ ਦਰਜ ਕੀਤੇ ਹਨ । ਤਾਹੀਏਂ 'ਵਾਰ' ਦੇ ਮੁੱਕਣ ਤੇ ਹਾਸ਼ੀਏ ਤੋਂ ਬਾਹਰ ਲਫ਼ਜ਼ 'ਸੁਧੁ' ਲਿਖਿਆ ਹੈ, ਭਾਵ ਇਹ ਕਿ, ਸ਼ਲੋਕ ਠੀਕ

ਸਿਰ-ਲੇਖ ਵਾਲੇ ਗੁਰ-ਵਿਅਕਤੀ ਦੇ ਹੀ ਹਨ; ਇਹ ਗੱਲ ਸੋਧ ਕੇ ਵੇਖ ਲਈ ਹੈ ।

ਰਾਗੁ ਗੂਜਰੀ ਵਾਰ ਮਹਲਾ ੫ ੴ ਸਤਿਗੁਰ ਪ੍ਰਸਾਦਿ ॥

ਵਾਰ ਦਾ ਭਾਵ

ਪਉੜੀ ਵਾਰ:

(੧) ਸ੍ਰਿਸ਼ਟੀ ਰਚ ਕੇ ਇਸ ਵਿਚ ਹਰ ਥਾਂ ਪ੍ਰਭੂ ਆਪ ਮੌਜੂਦ ਹੈ, ਸਭ ਦੀ ਪਾਲਣਾ ਆਪ ਹੀ ਕਰਦਾ ਹੈ, ਸਭ ਜੀਵ ਉਸ ਨੇ, ਮਾਨੋ, ਇਕ ਧਾਗੇ ਵਿਚ ਪ੍ਰੋਤੇ ਹੋਏ ਹਨ, ਉਸ ਦੀ ਰਜ਼ਾ ਅਨੁਸਾਰ ਹੀ ਕਈ ਜੀਵ ਜਗਤ ਦੇ ਵਿਕਾਰਾਂ ਵਿਚ ਖ਼ੁਆਰ ਹੋ ਰਹੇ ਹਨ ਤੇ ਜਿਨ੍ਹਾਂ ਉਤੇ ਮੇਹਰ ਕਰਦਾ ਹੈ ਉਹ ਉਸ ਦਾ ਸਿਮਰਨ ਕਰ ਕੇ ਸੰਸਾਰ-ਸਮੁੰਦਰ ਦੀਆਂ ਵਿਕਾਰਾਂ ਦੀਆਂ ਲਹਿਰਾਂ ਵਿਚੋਂ ਬਚ ਨਿਕਲਦੇ ਹਨ ।

(੨) ਵੱਡੇ ਵੱਡੇ ਦੇਵਤਿਆਂ ਤੋਂ ਲੈ ਕੇ ਸਾਰੇ ਜੀਅ ਜੰਤ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦੇ ਹਨ, ਤਾਣੇ ਪੇਟੇ ਵਾਂਗ ਪਰਮਾਤਮਾ ਸਭ ਜੀਵਾਂ ਵਿਚ ਮਿਲਿਆ ਹੋਇਆ ਹੈ, ਜਿਧਰ ਜਿਧਰ ਲਾਂਦਾ ਹੈ ਓਧਰ ਓਧਰ ਜੀਵ ਲੱਗਦੇ ਹਨ, ਜਿਨ੍ਹਾਂ ਉਤੇ ਪ੍ਰਭੂ ਆਪ ਤ੍ਰੁੱਠਦਾ ਹੈ ਉਹੀ ਉਸ ਦੀ ਬੰਦਗੀ ਕਰਦੇ ਹਨ ।

(੩) ਮਨੁੱਖ ਦੀ ਆਪਣੀ ਚਤੁਰਾਈ ਸਿਆਣਪ ਕੰਮ ਨਹੀਂ ਦੇਂਦੀ, ਮਨੁੱਖ ਆਪ ਤਾਂ ਸਗੋਂ ਭਲੇ ਕੰਮਾਂ ਵਲੋਂ ਆਲਸ ਹੀ ਕਰਦਾ ਹੈ, ਜਿਸ ਉੱਤੇ ਪ੍ਰਭੂ ਦੀ ਮੇਹਰ ਦੀ ਨਜ਼ਰ ਹੋਵੇ, ਉਸ ਨੂੰ ਗੁਰਮੁਖਾਂ ਦੀ ਸੰਗਤਿ ਵਿਚ ਮੇਲਦਾ ਹੈ, ਜਿਥੇ ਉਹ ਸੇਵਾ ਕਰਦਾ ਹੈ ਤੇ ਸਿਫ਼ਤਿ-ਸਾਲਾਹ ਸੁਣਦਾ ਹੈ ।

(੪) ਜੋ ਪ੍ਰਭੂ ਇਕ ਛਿਨ ਵਿਚ ਕੁਦਰਤਿ ਦੇ ਅਨੇਕਾਂ ਕੌਤਕ ਰਚ ਦੇਂਦਾ ਹੈ, ਜੋ ਸਭ ਜੀਵਾਂ ਦੇ ਦਿਲ ਦੀ ਹਰ ਵੇਲੇ ਜਾਣਦਾ ਹੈ, ਉਹ ਜਿਸ ਮਨੁੱਖ ਤੇ ਰਹਿਮ ਕਰਦਾ ਹੈ ਉਸ ਨੂੰ ਆਪਣੀ ਯਾਦ ਵਿਚ ਜੋੜਦਾ ਹੈ ਤੇ ਵਿਕਾਰਾਂ ਤੋਂ ਬਚਾਂਦਾ ਹੈ ਉਹ ਮਨੁੱਖ ਇਹਨਾਂ ਵਿਕਾਰਾਂ ਅਗੇ ਮਨੁੱਖਾ-ਜਨਮ ਦੀ ਬਾਜ਼ੀ ਹਾਰ ਕੇ ਨਹੀਂ ਜਾਂਦਾ ।

(੫) ਜਗਤ ਵਿਚ ਕਾਮਾਦਿਕ ਕਈ ਵਿਕਾਰ ਤੇ ਬਲਾਵਾਂ ਹਨ ਜੋ ਮਨੁੱਖ ਨੂੰ ਹਰ ਵੇਲੇ ਚੰਬੜੇ ਰਹਿੰਦੇ ਹਨ, ਕਈ ਕਿਸਮ ਦੇ ਫ਼ਿਕਰ ਅੰਦੇਸੇ ਇਸ ਨੂੰ ਲੱਗੇ ਰਹਿੰਦੇ ਹਨ, ਪਰ ਜਿਸ ਨੂੰ ਸਤਿਗੁਰੂ ਉਪਦੇਸ਼ ਦੇਂਦਾ ਹੈ ਉਹ ਮਨੁੱਖ ਨਾਮ ਸਿਮਰ ਕੇ ਇਹਨਾਂ ਵਿਕਾਰਾਂ ਤੇ ਅੰਦੇਸਿਆਂ ਤੋਂ ਬਚ ਜਾਂਦਾ ਹੈ, ਕਿਉਂਕਿ ਉਹ ਸੰਤੋਖੀ ਜੀਵਨ ਵਾਲਾ ਹੋ ਜਾਂਦਾ ਹੈ, ਪਰ ਐਸੇ ਭਾਗਾਂ ਵਾਲੇ ਹੁੰਦੇ ਕੋਈ ਵਿਰਲੇ ਹੀ ਹਨ ।

(੬) ਜੋ ਮਨੁੱਖ ਆਪਣੀ ਸਿਆਣਪ ਛੱਡ ਕੇ ਆਪਣਾ ਮਨ ਗੁਰੂ ਦੇ ਹਵਾਲੇ ਕਰ ਦੇਂਦਾ ਹੈ, ਉਸ ਦੀ ਦੁਰਮਤਿ ਨਾਸ ਹੋ ਜਾਂਦੀ ਹੈ, ਉਹ ਜਗਤ ਦੇ ਵਿਕਾਰਾਂ ਵਿਚ ਨਹੀਂ ਫਸਦਾ, ਕੋਈ ਮੰਦਾ ਕੰਮ ਨਹੀਂ ਕਰਦਾ, ਜਿਸ ਦੇ ਕਾਰਨ ਉਸ ਨੂੰ ਪਰਲੋਕ ਵਿਚ ਕੋਈ ਡਰ ਖ਼ਤਰਾ ਹੋਵੇ, 'ਨਾਮ' ਦੀ ਬਰਕਤਿ ਨਾਲ ਉਸ ਦੇ ਮਨ ਨੂੰ ਸੰਤੋਖ ਪ੍ਰਾਪਤ ਹੁੰਦਾ ਹੈ, ਪਰ ਗੁਰੂ ਦੀ ਸਰਨ ਉਹੀ ਮਨੁੱਖ ਆਉਂਦਾ ਹੈ ਜਿਸ ਤੇ ਧੁਰੋਂ ਮੇਹਰ ਹੋਵੇ ।

(੭) ਗੁਰੂ ਪਾਸ ਪ੍ਰਭੂ ਦੀ ਸਿਫ਼ਤਿ-ਸਾਲਾਹ ਦਾ ਖ਼ਜ਼ਾਨਾ ਹੈ ਜੋ ਪ੍ਰਭੂ ਦੀ ਮੇਹਰ ਨਾਲ ਮਿਲਦਾ ਹੈ, ਸਤਿਗੁਰੂ ਜਿਸ ਮਨੁੱਖ ਤੇ ਮੇਹਰ ਦੀ ਨਜ਼ਰ ਕਰਦਾ ਹੈ ਉਸ ਦੀ ਭਟਕਣਾ ਮੁੱਕ ਜਾਂਦੀ ਹੈ ਕਿਉਂਕਿ ਪ੍ਰਭੂ-ਚਰਨਾਂ ਦਾ ਪਿਆਰ ਉਸ ਨੂੰ ਜਗਤ ਦੇ ਸਾਰੇ ਖ਼ਜ਼ਾਨਿਆਂ ਨਾਲੋਂ ਵਧੀਕ ਕੀਮਤੀ ਦਿੱਸਦਾ ਹੈ, ਕੋਈ ਮਨੁੱਖ ਉਸ ਦੀ ਬਰਾਬਰੀ ਨਹੀਂ ਕਰ ਸਕਦਾ ।

(੮) ਜੋ ਮਨੁੱਖ ਸਤਿਗੁਰੂ ਦੀ ਮਤਿ ਲੈਂਦਾ ਹੈ ਉਸ ਨੂੰ ਪ੍ਰਭੂ ਦਾ ਗਿਆਨ ਪ੍ਰਾਪਤ ਹੁੰਦਾ ਹੈ, ਜਿਉਂ ਜਿਉਂ ਉਹ ਨਾਮ ਸਿਮਰਦਾ ਹੈ ਉਸ ਦੇ ਸਾਰੇ ਆਤਮਕ ਰੋਗ ਦੂਰ ਹੋ ਜਾਂਦੇ ਹਨ, ਉਸ ਦੇ ਮਨ ਵਿਚ ਠੰਢ ਪੈ ਜਾਂਦੀ ਹੈ; ਹਉਮੈ ਦੂਰ ਕਰਨ ਕਰਕੇ ਕੋਈ ਰੁਕਾਵਟ ਉਸ ਦੇ ਜੀਵਨ ਦੇ ਰਾਹ ਵਿਚ ਨਹੀਂ ਆਉਂਦੀ ।

(੯) ਜੋ ਮਨੁੱਖ ਸਾਧ ਸੰਗਤਿ ਵਿਚ ਅੱਪੜਦਾ ਹੈ, ਗੁਰਮੁਖਾਂ ਦਾ ਦਰਸ਼ਨ ਕਰਦਾ ਹੈ ਉਸ ਦੇ ਮਨ ਦੀ ਮੈਲ ਕੱਟੀ ਜਾਂਦੀ ਹੈ, ਉਸ ਦੇ ਮਨ ਵਿਚ ਪ੍ਰਭੂ-ਸਿਮਰਨ ਦਾ ਉਤਸ਼ਾਹ ਪੈਦਾ ਹੁੰਦਾ ਹੈ, ਉਹ ਵਿਕਾਰਾਂ ਵਲ ਨਹੀਂ ਪਰਤਦਾ ਕਿਉਂਕਿ ਉਹ ਸੁਆਸ ਸੁਆਸ ਨਾਮ ਸਿਮਰਦਾ ਹੈ, ਪਰ, ਸਾਧ ਸੰਗਤਿ ਭੀ ਪ੍ਰਭੂ ਦੀ ਮੇਹਰ ਨਾਲ ਹੀ ਮਿਲਦੀ ਹੈ ।

(੧੦) ਜਿਸ ਮਨੁੱਖ ਨੂੰ ਗੁਰੂ ਮਿਲ ਪਏ, ਉਹ ਦੁੱਖਾਂ ਦੀ ਮਾਰ ਤੋਂ ਬਚ ਜਾਂਦਾ ਹੈ, ਜੂਨਾਂ ਵਿਚ ਨਹੀਂ ਪੈਂਦਾ, ਹਰ ਥਾਂ ਉਸ ਨੂੰ ਪਰਮਾਤਮਾ ਹੀ ਦਿੱਸਦਾ ਹੈ, ਵਿਕਾਰਾਂ ਵਲੋਂ ਉਹ ਆਪਣੀ ਰੁਚੀ ਸਮੇਟ ਲੈਂਦਾ ਹੈ, ਇਕ ਵਾਰੀ ਪ੍ਰਭੂ ਦੀ ਹਜ਼ੂਰੀ ਵਿਚ ਪ੍ਰਵਾਨ ਹੋ ਕੇ ਉਹ ਮੁੜ ਖੋਟੇ ਪਾਸੇ ਨਹੀਂ ਜਾਂਦਾ ।

(੧੧) ਜਗਤ ਦੀ ਸਾਰੀ ਖੇਡ ਪਰਮਾਤਮਾ ਦੇ ਆਪਣੇ ਹੱਥ ਵਿਚ ਹੈ । ਉਸ ਦੇ 'ਨਾਮ' ਦਾ ਖ਼ਜ਼ਾਨਾ ਭੀ ਉਸ ਦੇ ਆਪਣੇ ਹੀ ਵੱਸ ਵਿਚ ਹੈ; ਜਿਸ ਉੱਤੇ ਤ੍ਰੁੱਠਦਾ ਹੈ ਤੇ ਨਾਮ ਦੀ ਦਾਤਿ ਦੇਂਦਾ ਹੈ, ਉਹੀ ਨਾਮ ਸਿਮਰਦਾ ਹੈ ।

(੧੨) ਪ੍ਰਭੂ ਦੀ ਇਹ ਆਪਣੀ ਰਜ਼ਾ ਹੈ ਕਿ ਕੋਈ ਜੀਵ ਵਿਕਾਰਾਂ ਵਿਚ ਪ੍ਰਵਿਰਤ ਹਨ ਤੇ ਕੋਈ ਸਿਮਰਨ ਵਿਚ; ਮਨੁੱਖ ਦੀ ਆਪਣੀ ਕੋਈ ਚਤੁਰਾਈ ਜਾਂ ਹੀਲਾ ਕਾਰਗਰ ਨਹੀਂ ਹੋ ਸਕਦਾ, ਜੋ ਮਨੁੱਖ ਪਰਮਾਤਮਾ ਦਾ ਆਸਰਾ ਤੱਕਦਾ ਹੈ, ਪ੍ਰਭੂ ਦੀ ਸ਼ਰਨ ਪੈਂਦਾ ਹੈ ਉਸ ਤੇ ਦਿਆਲ ਹੋ ਕੇ ਪ੍ਰਭੂ ਨਾਮ ਦੀ ਦਾਤਿ ਦੇਂਦਾ ਹੈ ।

(੧੩) ਦਿਆਲ ਹੋ ਕੇ ਪ੍ਰਭੂ ਜਿਸ ਦੇ ਹਿਰਦੇ ਵਿਚ ਸਿਮਰਨ ਦੀ ਦਾਤਿ ਦੇ ਕੇ ਠੰਢ ਵਰਤਾਂਦਾ ਹੈ, ਉਸ ਦੇ ਸਾਰੇ ਰੋਣੇ ਮੁੱਕ ਜਾਂਦੇ ਹਨ, ਗੁਰੂ ਦੇ ਪ੍ਰਤਾਪ ਨਾਲ ਉਸ ਦੇ ਸਾਰੇ ਰੋਗ ਦੂਰ ਹੋ ਜਾਂਦੇ ਹਨ, ਮਾਇਆ ਵਾਲੇ ਬੰਧਨ ਕੱਟੇ ਜਾਂਦੇ ਹਨ ਤੇ ਉਸ ਦਾ ਜੀਵਨ ਸੰਤੋਖ ਵਾਲਾ ਹੋ ਜਾਂਦਾ ਹੈ ।

(੧੪) ਪ੍ਰਭੂ ਦੀ ਮੇਹਰ ਨਾਲ ਜੋ ਜੋ ਮਨੁੱਖ 'ਨਾਮ' ਸਿਮਰਦੇ ਹਨ, 'ਨਾਮ' ਉਹਨਾਂ ਦੀ ਜ਼ਿੰਦਗੀ ਦਾ ਆਸਰਾ ਬਣ ਜਾਂਦਾ ਹੈ, ਦਿਨ ਰਾਤ 'ਨਾਮ' ਅੰਮ੍ਰਿਤ ਨਾਲ ਹੀ ਉਹ ਮਾਇਆ ਵਲੋਂ ਰੱਜੇ ਰਹਿੰਦੇ ਹਨ, ਇਸ ਵਾਸਤੇ ਕੋਈ ਦੁੱਖ ਦਰਦ ਰੋਗ ਉਹਨਾਂ ਨੂੰ ਪੋਹ ਨਹੀਂ ਸਕਦਾ ।

(੧੫) ਕਾਮਾਦਿਕ ਵਿਕਾਰ ਬੜੇ ਸੂਰਮੇ ਬਲੀ ਜੋਧੇ ਹਨ, ਸਾਧਾਰਨ ਤ੍ਰੈਗੁਣੀ ਜੀਵ ਤਾਂ ਕਿਤੇ ਰਹੇ, ਇਹ ਵੱਡੇ ਵੱਡੇ 'ਤਿਆਗੀਆਂ' ਨੂੰ ਭੀ ਜ਼ੇਰ ਕਰ ਲੈਂਦੇ ਹਨ, ਸਭ ਨੂੰ ਜਿੱਤ ਜਿੱਤ ਕੇ ਆਪਣੀ ਰਈਅਤਿ ਬਣਾ ਲੈਂਦੇ ਹਨ; ਮਾਇਆ ਦੀ ਖ਼ਾਤਰ ਭਟਕਣ ਤੇ ਮਾਇਆ ਦਾ ਮੋਹ ਇਹਨਾਂ ਸੂਰਮਿਆਂ ਦਾ, ਮਾਨੋ, ਕਿਲ੍ਹਾ ਤੇ ਕਿਲ੍ਹੇ ਦੇ ਚੁਗਿਰਦੇ ਡੂੰਘੀ ਖਾਈ ਹਨ । ਇਹਨਾਂ ਤੋਂ ਬਚਣ ਦਾ ਇੱਕੋ ਹੀ ਤਰੀਕਾ ਹੈ—ਸਤਿਗੁਰੂ ਦੀ ਓਟ ।

(੧੬) 'ਭਰਮਗੜ੍ਹ' ਵਿਚ ਕੈਦ ਹੋਏ ਜੀਵ ਨੂੰ ਕਾਮਾਦਿਕਾਂ ਪਾਸੋਂ ਸਤਿਗੁਰੂ ਹੀ ਛੁਡਾਂਦਾ ਹੈ, ਗੁਰੂ ਮਨੁੱਖ ਨੂੰ ਪ੍ਰਭੂ ਦੇ ਨਾਮ ਦਾ ਖ਼ਜ਼ਾਨਾ ਦੇਂਦਾ ਹੈ; 'ਨਾਮ' ਐਸੀ ਦਵਾਈ ਹੈ ਜਿਸ ਨਾਲ ਵੱਡੇ ਤੋਂ ਵੱਡਾ ਭਿਆਨਕ ਰੋਗ ਨਾਸ ਹੋ ਜਾਂਦਾ ਹੈ ।

(੧੭) ਜਿਸ ਮਨੁੱਖ ਦੇ ਮਨ ਵਿਚ ਪਰਮਾਤਮਾ ਵੱਸ ਪੈਂਦਾ ਹੈ ਉਸ ਦਾ ਮਨ ਹਰ ਵੇਲੇ ਖਿੜਿਆ ਰਹਿੰਦਾ

ਹੈ, ਉਸ ਨੂੰ ਕਿਸੇ ਵਿਕਾਰ ਆਦਿਕ ਤੋਂ ਡਰ ਖ਼ਤਰਾ ਨਹੀਂ ਹੁੰਦਾ ਕਿਉਂਕਿ ਉਸ ਨੂੰ ਯਕੀਨ ਆ ਜਾਂਦਾ ਹੈ ਕਿ ਜੋ ਕੁਝ ਹੋ ਰਿਹਾ ਹੈ ਪਰਮਾਤਮਾ ਦੀ ਰਜ਼ਾ ਵਿਚ ਹੋ ਰਿਹਾ ਹੈ ਤੇ ਪਰਮਾਤਮਾ ਬੰਦਗੀ ਕਰਨ ਵਾਲੇ ਨੂੰ ਆਪ ਹੱਥ ਦੇ ਕੇ ਬਚਾਂਦਾ ਹੈ ।

(੧੮) ਜਿਨ੍ਹਾਂ ਮਨੁੱਖਾਂ ਨੂੰ ਪ੍ਰਭੂ ਆਪਣੇ 'ਨਾਮ' ਦੀ ਦਾਤਿ ਦੇਂਦਾ ਹੈ, ਉਹਨਾਂ ਦੀ ਦੁਰਮਤਿ ਤੇ ਭਰਮ ਭਉ ਦੂਰ ਹੋ ਜਾਂਦੇ ਹਨ; ਨਾਹ ਹੀ ਉਹ ਜਨਮ ਮਰਨ ਦੇ ਗੇੜ ਵਿਚ ਪੈਂਦੇ ਹਨ, ਨਾਹ ਹੀ ਕੋਈ ਐਸਾ ਕੰਮ ਕਰਦੇ ਹਨ ਜਿਸ ਕਰ ਕੇ ਪਛੁਤਾਣਾ ਪਏ; ਉਹ ਹਰ ਵੇਲੇ ਪ੍ਰਭੂ ਦੇ ਨਾਮ ਨੂੰ ਹਿਰਦੇ ਵਿਚ ਪ੍ਰੋ ਰੱਖਦੇ ਹਨ ।

(੧੯) ਸਰਬ-ਨਿਵਾਸੀ ਪ੍ਰਭੂ ਜਿਸ ਮਨੁੱਖ ਤੇ ਤ੍ਰੁੱਠਦਾ ਹੈ, ਉਸ ਪਾਸੋਂ ਸਿਮਰਨ ਦੀ ਕਮਾਈ ਆਪ ਹੀ ਕਰਾਂਦਾ ਹੈ, ਜਿਸ ਦੇ ਹਿਰਦੇ ਵਿਚ ਵੱਸਦਾ ਹੈ ਉਸ ਦਾ ਜੀਵਨ ਸੁਖੀ ਹੋ ਜਾਂਦਾ ਹੈ, ਪਰ, ਉਹੀ ਮਨੁੱਖ ਸਿਮਰਨ ਕਰਦਾ ਹੈ, ਜੋ ਸਤਿਗੁਰੂ ਦਾ ਆਸਰਾ ਲੈਂਦਾ ਹੈ ।

(੨੦) ਜੋ ਮਨੁੱਖ ਪਰਮਾਤਮਾ ਦੇ ਹੋ ਕੇ ਰਹਿੰਦੇ ਹਨ ਉਹਨਾਂ ਨੂੰ ਪ੍ਰਭੂ ਵਿਕਾਰਾਂ ਦੁੱਖਾਂ ਤੋਂ ਇਉਂ ਬਚਾ ਲੈਂਦਾ ਹੈ, ਮਾਨੋ, ਉਹਨਾਂ ਨੂੰ ਗਲ ਲਾ ਲੈਂਦਾ ਹੈ, ਕੋਈ ਵਿਕਾਰ ਦੁੱਖ ਉਹਨਾਂ ਤੇ ਦਬਾਉ ਨਹੀਂ ਪਾ ਸਕਦਾ । ਪਰ, ਜੋ ਬੰਦੇ ਗੁਰਮੁਖਾਂ ਦੀ ਨਿੰਦਾ ਕਰਦੇ ਹਨ, ਉਹਨਾਂ ਦੇ ਅੰਦਰ ਸ਼ਾਂਤੀ ਨਹੀਂ ਹੁੰਦੀ, ਉਹ, ਮਾਨੋ, ਘੋਰ ਨਰਕ ਵਿਚ ਸੜ ਰਹੇ ਹਨ ।

(੨੧) ਪਰਮਾਤਮਾ ਦਾ ਸਿਮਰਨ ਕਰਨ ਨਾਲ ਦੁਨੀਆ ਵਾਲੇ ਝੋਰੇ ਮਿਟ ਜਾਂਦੇ ਹਨ, ਮਨੁੱਖ ਦੀ ਆਤਮਾ ਪ੍ਰਭੂ ਦੀ ਜੋਤਿ ਵਿਚ ਲੀਨ ਹੋ ਜਾਂਦੀ ਹੈ, ਉਸ ਦੇ ਹਿਰਦੇ ਵਿਚ ਸੁਖ, ਅਡੋਲਤਾ ਤੇ ਖ਼ੁਸ਼ੀ ਆ ਵੱਸਦੀ ਹੈ, ਭਗਤ ਤੇ ਪ੍ਰਭੂ ਇਕ-ਰੂਪ ਹੋ ਜਾਂਦੇ ਹਨ ।

ਸਮੁੱਚਾ ਭਾਵ:

(੧) (੧ ਤੋਂ ੪ ਤਕ) ਵੱਡੇ ਵੱਡੇ ਬੰਦਿਆਂ ਤੋਂ ਲੈ ਕੇ ਸਾਰੇ ਜੀਵ ਇਸ ਰੰਗਾ ਰੰਗ ਜਗਤ ਦੇ ਰਚਨਹਾਰ ਕਰਤਾਰ ਨੇ ਆਪਣੇ ਹੁਕਮ ਰੂਪ ਧਾਗੇ ਵਿਚ ਪ੍ਰੋਤੇ ਹੋਏ ਹਨ, ਤਾਣੇ ਪੇਟੇ ਵਾਂਗ ਉਹ ਸਭ ਵਿਚ ਮਿਲਿਆ ਹੋਇਆ ਹੈ, ਸਭਨਾਂ ਦੇ ਦਿਲਾਂ ਦੀ ਉਹ ਹਰ ਵੇਲੇ ਜਾਣਦਾ ਹੈ, ਇਹ ਉਸ ਦੀ ਆਪਣੀ ਰਜ਼ਾ ਹੀ ਹੈ ਕਿ ਕਈ ਜੀਵ ਵਿਕਾਰਾਂ ਵਿਚ ਖ਼ੁਆਰ ਹੋ ਰਹੇ ਹਨ, ਮਨੁੱਖ ਦੀ ਕੋਈ ਚਤੁਰਾਈ ਸਿਆਣਪ ਇਸ ਨੂੰ ਬਚਾ ਨਹੀਂ ਸਕਦੀ, ਜਿਸ ਮਨੁੱਖ ਤੇ ਮੇਹਰ ਕਰਦਾ ਹੈ ਉਸ ਨੂੰ ਆਪਣੀ ਯਾਦ ਤੇ ਸਿਫ਼ਤਿ-ਸਾਲਾਹ ਵਿਚ ਜੋੜਦਾ ਹੈ ।

(੨) (੫ ਤੋਂ ੧੦ ਤਕ) ਜਿਸ ਮਨੁੱਖ ਤੇ ਪਰਮਾਤਮਾ ਦੀ ਕਿਰਪਾ-ਦ੍ਰਿਸ਼ਟੀ ਹੁੰਦੀ ਹੈ ਉਸ ਭਾਗਾਂ ਵਾਲੇ ਨੂੰ ਸਤਿਗੁਰੂ ਦੀ ਸੰਗਤਿ ਨਸੀਬ ਹੁੰਦੀ ਹੈ, ਗੁਰੂ ਪਾਸ ਪ੍ਰਭੂ ਦੀ ਸਿਫ਼ਤਿ-ਸਾਲਾਹ ਦਾ, ਮਾਨੋ, ਖ਼ਜ਼ਾਨਾ ਹੈ, ਜਿਉਂ ਜਿਉਂ ਮਨੁੱਖ ਆਪਣਾ ਮਨ ਗੁਰੂ ਦੇ ਹਵਾਲੇ ਕਰਦਾ ਹੈ, ਉਸ ਦੀ ਦੁਰਮਤਿ ਨਾਸ ਹੁੰਦੀ ਹੈ, ਪ੍ਰਭੂ-ਚਰਨਾਂ ਦਾ ਪਿਆਰ ਉਸ ਨੂੰ ਜਗਤ ਦੇ ਸਾਰੇ ਖ਼ਜ਼ਾਨਿਆਂ ਨਾਲੋਂ ਵਧੀਕ ਪਿਆਰਾ ਲੱਗਦਾ ਹੈ, ਨਾਮ ਸਿਮਰਨ ਨਾਲ ਉਸ ਦੇ ਮਨ ਵਿਚ ਠੰਢ ਪੈਂਦੀ ਹੈ, ਸੰਤੋਖ ਆਉਂਦਾ ਹੈ, ਵਿਕਾਰਾਂ ਵਲੋਂ ਉਹ ਆਪਣੀ ਰੁਚੀ ਸਮੇਟ ਲੈਂਦਾ ਹੈ, ਇਸ ਤਰ੍ਹਾਂ ਇਕ ਵਾਰੀ ਪ੍ਰਭੂ ਦੀ ਹਜ਼ੂਰੀ ਵਿਚ ਪ੍ਰਵਾਨ ਹੋ ਕੇ ਉਹ ਮੁੜ ਖੋਟੇ ਪਾਸੇ ਨਹੀਂ ਜਾਂਦਾ ।

(੩) (੧੧ ਤੋਂ ੧੬ ਤਕ) ਜਗਤ ਦੀ ਸਾਰੀ ਖੇਡ ਪਰਮਾਤਮਾ ਦੇ ਆਪਣੇ ਹੱਥ ਵਿਚ ਹੈ, ਜੀਵਾਂ ਦਾ

ਵਿਕਾਰਾਂ ਵਿਚ ਪ੍ਰਵਿਰਤ ਹੋਣਾ ਭੀ ਪ੍ਰਭੂ ਦੀ ਹੀ ਰਜ਼ਾ ਹੈ, ਜੀਵ ਦੀ ਚਤੁਰਾਈ ਕਾਰਗਰ ਨਹੀਂ ਹੋ ਸਕਦੀ, ਇਹ ਕਾਮਾਦਿਕ ਵਿਕਾਰ ਇਤਨੇ ਬਲੀ ਹਨ ਕਿ ਵੱਡੇ ਵੱਡੇ ਤਿਆਗੀ ਭੀ ਇਹਨਾਂ ਦੇ ਜ਼ੇਰ ਹੋ ਜਾਂਦੇ ਹਨ, ਇਕੋ ਹੀ ਬਚਾਉ ਹੈ—ਪ੍ਰਭੂ ਦੀ ਮੇਹਰ ਨਾਲ ਸਤਿਗੁਰੂ ਦੀ ਓਟ । ਗੁਰੂ ਮਨੁੱਖ ਨੂੰ 'ਨਾਮ' ਦਾ ਖ਼ਜ਼ਾਨਾ ਦੇਂਦਾ ਹੈ; 'ਨਾਮ' ਐਸੀ ਦਵਾਈ ਹੈ ਜਿਸ ਨਾਲ ਵੱਡੇ ਤੋਂ ਵੱਡੇ ਅਸਾਧ ਆਤਮਕ ਰੋਗ ਨਾਸ ਹੋ ਜਾਂਦੇ ਹਨ ।

(੪) (੧੭ ਤੋਂ ੨੧ ਤਕ) 'ਨਾਮ' ਦੀ ਬਰਕਤਿ ਨਾਲ ਮਨੁੱਖ ਦਾ ਮਨ ਖਿੜਿਆ ਰਹਿੰਦਾ ਹੈ, ਜੀਵਨ ਸੁਖੀ ਹੋ ਜਾਂਦਾ ਹੈ, ਕੋਈ ਵਿਕਾਰ ਦੁੱਖ ਆਦਿਕ ਉਸ ਤੇ ਦਬਾਉ ਨਹੀਂ ਪਾ ਸਕਦਾ, 'ਨਾਮ' ਵਿਚ ਮਨ ਹਰ ਵੇਲੇ ਪ੍ਰੋਤਾ ਰਹਿਣ ਕਰਕੇ ਬੰਦਗੀ ਵਾਲਾ ਮਨੁੱਖ ਤੇ ਪਰਮਾਤਮਾ ਇਕ-ਰੂਪ ਹੋ ਜਾਂਦੇ ਹਨ ।

ਮੁੱਖ ਭਾਵ:

ਇਹ ਸਾਰਾ ਬਹੁ-ਰੰਗੀ ਜਗਤ ਕਰਤਾਰ ਨੇ ਆਪ ਰਚਿਆ ਹੈ, ਵਿਕਾਰਾਂ ਦੀ ਹੋਂਦ ਭੀ ਉਸੇ ਦੀ ਰਜ਼ਾ ਅਨੁਸਾਰ ਹੈ, ਪਰ, ਇਹ ਵਿਕਾਰ ਇਤਨੇ ਬਲੀ ਹਨ ਕਿ ਮਨੁੱਖ ਆਪਣੀ ਚਤੁਰਾਈ ਨਾਲ ਇਹਨਾਂ ਤੋਂ ਬਚ ਨਹੀਂ ਸਕਦਾ । ਜਿਸ ਮਨੁੱਖ ਤੇ ਪ੍ਰਭੂ ਮੇਹਰ ਕਰਦਾ ਹੈ ਉਹ ਗੁਰੂ ਦੀ ਸਰਨ ਪੈ ਕੇ 'ਨਾਮ' ਸਿਮਰਦਾ ਹੈ, 'ਨਾਮ' ਦੀ ਬਰਕਤਿ ਨਾਲ ਕੋਈ ਵਿਕਾਰ ਦਬਾਉ ਨਹੀਂ ਪਾ ਸਕਦਾ, ਜੀਵਨ ਸੁਖੀ ਹੋ ਜਾਂਦਾ ਹੈ ਤੇ ਮਨੁੱਖ ਪ੍ਰਭੂ ਦਾ ਰੂਪ ਹੋ ਜਾਂਦਾ ਹੈ ।

ਵਾਰ ਦੀ ਬਣਤਰ

ਇਹ 'ਵਾਰ' ਗੁਰੂ ਅਰਜਨ ਸਾਹਿਬ ਦੀ ਰਚੀ ਹੋਈ ਹੈ, ਇਸ ਵਿਚ ੨੧ 'ਪਉੜੀਆਂ' ਹਨ, ਹਰੇਕ ਪਉੜੀ ਦੇ ਨਾਲ ਦੋ ਦੋ ਸ਼ਲੋਕ ਹਨ, ਸਾਰੇ ਸ਼ਲੋਕਾਂ ਦੀ ਗਿਣਤੀ ੪੨ ਹੈ, ਤੇ ਇਹ ਸਾਰੇ ਸ਼ਲੋਕ ਭੀ ਗੁਰੂ ਅਰਜਨ ਸਾਹਿਬ ਦੇ ਹੀ ਹਨ ।

ਹਰੇਕ 'ਪਉੜੀ' ਵਿਚ ਅੱਠ ਅੱਠ ਤੁਕਾਂ ਹਨ, ਸਿਰਫ਼ ਪਉੜੀ ਨੰ: ੨੦ ਵਿਚ ਪੰਜ ਤੁਕਾਂ ਹਨ । ਪਹਿਲੀ ਤੇ ਵੀਹਵੀਂ ਪਉੜੀ ਛੱਡ ਕੇ ਬਾਕੀ ਸਾਰੀਆਂ ਪਉੜੀਆਂ ਦੇ ਨਾਲ ਵਰਤੇ ਹੋਏ ਸ਼ਲੋਕ ਦੋ ਦੋ ਤੁਕਾਂ ਦੇ ਹਨ (ਦੂਜੀ ਪਉੜੀ ਦਾ ਪਹਿਲਾ ਸ਼ਲੋਕ ਭੀ ਚਾਰ ਤੁਕਾਂ ਦਾ ਹੈ), ਇਹਨਾਂ ੩੭ ਸ਼ਲੋਕਾਂ ਵਿਚ ਲਹਿੰਦੀ ਬੋਲੀ ਦੇ ਲਫ਼ਜ਼ ਜ਼ਿਆਦਾ ਮਿਲਦੇ ਹਨ । ਸ਼ਲੋਕਾਂ ਦੀ ਸਾਂਵੀ ਵੰਡ, ਇਕੋ ਜਿਹੀ 'ਦੋ-ਤੁਕੀ' ਬਨਾਵਟ, ਇਕੋ ਜਿਹਾ ਮਜ਼ਮੂਨ, ਸਾਰੇ ਹੀ ਸ਼ਲੋਕ ਤੇ ਪਉੜੀਆਂ ਇਕੋ ਹੀ ਗੁਰ-ਵਿਅਕਤੀ ਦੀਆਂ—ਇਹਨਾਂ ਗੱਲਾਂ ਤੋਂ ਸੁਤੇ ਹੀ ਇਹ ਅਨੁਮਾਨ ਲਾਇਆ ਜਾ ਸਕਦਾ ਹੈ ਕਿ ਇਹ 'ਵਾਰ' ਤੇ ਇਸ ਦੇ ਨਾਲ ਵਰਤੇ ਹੋਏ 'ਸ਼ਲੋਕ' ਇਕੋ ਹੀ ਵਕਤ ਦੇ ਉਚਾਰੇ ਹੋਏ ਹਨ । 'ਆਸਾ ਦੀ ਵਾਰ' ਵਿਚ ਇਹ ਗੱਲ ਨਹੀਂ ਹੈ, ਇਕ ਤਾਂ ਓਥੇ ਸ਼ਲੋਕਾਂ ਦੇ ਮਜ਼ਮੂਨ ਵੱਖੋ-ਵੱਖਰੇ ਹਨ, ਦੂਜੇ, ਪਉੜੀਆਂ ਨਾਲ ਵਰਤੇ ਸ਼ਲੋਕਾਂ ਦੀ ਵੰਡ ਸਾਂਵੀ ਨਹੀਂ ਹੈ, ਤੀਜੇ, ਕਈ ਪਉੜੀਆਂ ਨਾਲ ਗੁਰੂ ਨਾਨਕ ਸਾਹਿਬ ਦਾ ਆਪਣਾ ਉਚਾਰਿਆ ਹੋਇਆ ਕੋਈ ਸ਼ਲੋਕ ਭੀ ਨਹੀਂ ਹੈ ।

ਸਲੋਕੁ ਮਃ ੫ ॥ ਅੰਤਰਿ ਗੁਰੁ ਆਰਾਧਣਾ ਜਿਹਵਾ ਜਪਿ ਗੁਰ ਨਾਉ ॥ ਨੇਤ੍ਰੀ ਸਤਿਗੁਰੁ ਪੇਖਣਾ ਸ੍ਰਵਣੀ ਸੁਨਣਾ ਗੁਰ ਨਾਉ ॥ ਸਤਿਗੁਰ ਸੇਤੀ ਰਤਿਆ ਦਰਗਹ ਪਾਈਐ ਠਾਉ ॥ ਕਹੁ ਨਾਨਕ ਕਿਰਪਾ ਕਰੇ ਜਿਸ ਨੋ ਏਹ ਵਥੁ ਦੇਇ ॥ ਜਗ ਮਹਿ ਉਤਮ ਕਾਢੀਅਹਿ ਵਿਰਲੇ ਕੇਈ ਕੇਇ ॥੧॥ {ਪੰਨਾ 517}

ਪਦਅਰਥ:- ਅੰਤਰਿ—ਮਨ ਵਿਚ । ਆਰਾਧਣਾ—ਯਾਦ ਕਰਨਾ । ਗੁਰ ਨਾਉ—ਗੁਰੂ ਦਾ ਨਾਮ । ਸ੍ਰਵਣੀ—ਕੰਨਾਂ ਨਾਲ । ਸੇਤੀ—ਨਾਲ । ਰਤਿਆ—ਰੰਗੀਜ ਕੇ, ਪਿਆਰ ਕੀਤਿਆਂ । ਵਥੁ—ਚੀਜ਼ । ਕਾਢੀਅਹਿ—ਅਖਵਾਂਦੇ ਹਨ ।

ਅਰਥ:- ਜੇ ਆਪਣੇ ਗੁਰੂ (ਦੇ ਪਿਆਰ) ਵਿਚ ਰੰਗੇ ਜਾਈਏ ਤਾਂ (ਪ੍ਰਭੂ ਦੀ) ਹਜ਼ੂਰੀ ਵਿਚ ਥਾਂ ਮਿਲਦਾ ਹੈ । ਮਨ ਵਿਚ ਗੁਰੂ ਨੂੰ ਯਾਦ ਕਰਨਾ, ਜੀਭ ਨਾਲ ਗੁਰੂ ਦਾ ਨਾਮ ਜਪਣਾ, ਅੱਖਾਂ ਨਾਲ ਗੁਰੂ ਨੂੰ ਵੇਖਣਾ, ਕੰਨਾਂ ਨਾਲ ਗੁਰੂ ਦਾ ਨਾਮ ਸੁਣਨਾ—ਇਹ ਦਾਤਿ, ਆਖ, ਹੇ ਨਾਨਕ! ਉਸ ਮਨੁੱਖ ਨੂੰ ਪ੍ਰਭੂ ਦੇਂਦਾ ਹੈ ਜਿਸ ਉਤੇ ਮੇਹਰ ਕਰਦਾ ਹੈ, ਅਜੇਹੇ ਬੰਦੇ ਜਗਤ ਵਿਚ ਸ੍ਰੇਸ਼ਟ ਅਖਵਾਉਂਦੇ ਹਨ, (ਪਰ ਅਜੇਹੇ ਹੁੰਦੇ) ਕੋਈ ਵਿਰਲੇ ਵਿਰਲੇ ਹਨ ।੧।

ਮਃ ੫ ॥ ਰਖੇ ਰਖਣਹਾਰਿ ਆਪਿ ਉਬਾਰਿਅਨੁ ॥ ਗੁਰ ਕੀ ਪੈਰੀ ਪਾਇ ਕਾਜ ਸਵਾਰਿਅਨੁ ॥ ਹੋਆ ਆਪਿ ਦਇਆਲੁ ਮਨਹੁ ਨ ਵਿਸਾਰਿਅਨੁ ॥ ਸਾਧ ਜਨਾ ਕੈ ਸੰਗਿ ਭਵਜਲੁ ਤਾਰਿਅਨੁ ॥ ਸਾਕਤ ਨਿੰਦਕ ਦੁਸਟ ਖਿਨ ਮਾਹਿ ਬਿਦਾਰਿਅਨੁ ॥ ਤਿਸੁ ਸਾਹਿਬ ਕੀ ਟੇਕ ਨਾਨਕ ਮਨੈ ਮਾਹਿ ॥ ਜਿਸੁ ਸਿਮਰਤ ਸੁਖੁ ਹੋਇ ਸਗਲੇ ਦੂਖ ਜਾਹਿ ॥੨॥ {ਪੰਨਾ 517}

ਪਦਅਰਥ:- ਰਖਣਹਾਰਿ—ਰੱਖਣਹਾਰ ਨੇ, ਰੱਖਿਆ ਕਰਨ ਵਾਲੇ (ਪ੍ਰਭੂ) ਨੇ । ਉਬਾਰਿਅਨੁ—ਬਚਾ ਲਏ ਉਸ (ਪ੍ਰਭੂ) ਨੇ । ਸਵਾਰਿਅਨੁ—ਸਵਾਰ ਦਿੱਤੇ ਉਸ ਨੇ । ਮਨਹੁ—ਮਨ ਤੋਂ । ਵਿਸਾਰਿਅਨੁ—ਵਿਸਾਰ ਦਿੱਤੇ ਉਸ ਨੇ । ਭਵਜਲੁ—ਸੰਸਾਰ-ਸਮੁੰਦਰ । ਤਾਰਿਅਨੁ—ਤਾਰੇ ਉਸ ਨੇ । ਸਾਕਤੁ—ਟੁਟੇ ਹੋਏ, ਵਿਛੁੜੇ ਹੋਏ । ਬਿਦਾਰਿਅਨੁ—ਨਾਸ ਕਰ ਦਿੱਤੇ ਉਸ ਨੇ ।

ਅਰਥ:- ਰੱਖਿਆ ਕਰਨ ਵਾਲੇ ਪਰਮਾਤਮਾ ਨੇ ਜਿਨ੍ਹਾਂ ਬੰਦਿਆਂ ਦੀ ਮਦਦ ਕੀਤੀ, ਉਹਨਾਂ ਨੂੰ ਉਸ ਨੇ ਆਪ (ਵਿਕਾਰਾਂ ਤੋਂ) ਬਚਾ ਲਿਆ ਹੈ, ਉਹਨਾਂ ਨੂੰ ਗੁਰੂ ਦੀ ਪੈਰੀਂ ਪਾ ਕੇ ਉਹਨਾਂ ਦੇ ਸਾਰੇ ਕੰਮ ਉਸ ਨੇ ਸਵਾਰ ਦਿੱਤੇ ਹਨ, ਜਿਨ੍ਹਾਂ ਉਤੇ ਪ੍ਰਭੂ ਆਪ ਦਿਆਲ ਹੋਇਆ ਹੈ, ਉਹਨਾਂ ਨੂੰ ਉਸ ਨੇ (ਆਪਣੇ) ਮਨੋਂ ਵਿਸਾਰਿਆ ਨਹੀਂ, ਉਹਨਾਂ ਨੂੰ ਗੁਰਮੁਖਾਂ ਦੀ ਸੰਗਤਿ ਵਿਚ (ਰੱਖ ਕੇ) ਸੰਸਾਰ-ਸਮੁੰਦਰ ਤਰਾ ਦਿੱਤਾ ।

ਜੋ ਉਸ ਦੇ ਚਰਨਾਂ ਤੋਂ ਟੁੱਟੇ ਹੋਏ ਹਨ, ਜੋ ਨਿੰਦਾ ਕਰਦੇ ਰਹਿੰਦੇ ਹਨ, ਜੋ ਗੰਦੇ ਆਚਰਨ ਵਾਲੇ ਹਨ, ਉਹਨਾਂ ਨੂੰ ਇਕ ਪਲ ਵਿਚ ਉਸ ਨੇ ਮਾਰ ਮੁਕਾਇਆ ਹੈ ।

ਨਾਨਕ ਦੇ ਮਨ ਵਿਚ ਭੀ ਉਸ ਮਾਲਕ ਦਾ ਆਸਰਾ ਹੈ ਜਿਸ ਨੂੰ ਸਿਮਰਿਆਂ ਸੁਖ ਮਿਲਦਾ ਹੈ ਤੇ ਸਾਰੇ ਦੁੱਖ ਦੂਰ ਹੋ ਜਾਂਦੇ ਹਨ ।੨।

ਪਉੜੀ ॥ ਅਕੁਲ ਨਿਰੰਜਨ ਪੁਰਖੁ ਅਗਮੁ ਅਪਾਰੀਐ ॥ ਸਚੋ ਸਚਾ ਸਚੁ ਸਚੁ ਨਿਹਾਰੀਐ ॥ ਕੂੜੁ ਨ ਜਾਪੈ ਕਿਛੁ ਤੇਰੀ ਧਾਰੀਐ ॥ ਸਭਸੈ ਦੇ ਦਾਤਾਰੁ ਜੇਤ ਉਪਾਰੀਐ ॥ ਇਕਤੁ ਸੂਤਿ ਪਰੋਇ ਜੋਤਿ ਸੰਜਾਰੀਐ ॥ ਹੁਕਮੇ ਭਵਜਲ ਮੰਝਿ ਹੁਕਮੇ ਤਾਰੀਐ ॥ ਪ੍ਰਭ ਜੀਉ ਤੁਧੁ ਧਿਆਏ ਸੋਇ ਜਿਸੁ ਭਾਗੁ ਮਥਾਰੀਐ ॥ ਤੇਰੀ ਗਤਿ ਮਿਤਿ ਲਖੀ ਨ ਜਾਇ ਹਉ ਤੁਧੁ ਬਲਿਹਾਰੀਐ ॥੧॥ {ਪੰਨਾ 518}

ਪਦਅਰਥ:- ਅਕੁਲ—ਅ+ਕੁਲ, ਜਿਸ ਦੀ ਕੋਈ ਖ਼ਾਸ ਕੁਲ ਨਹੀਂ । ਨਿਰੰਜਨ—ਨਿਰ+ਅੰਜਨ, ਜਿਸ

ਨੂੰ ਮਾਇਆ ਦੀ ਕਾਲਖ ਨਹੀਂ ਲੱਗ ਸਕਦੀ । ਪੁਰਖੁ—ਜੋ ਸਭ ਵਿਚ ਮੌਜੂਦ ਹੈ । ਅਗਮੁ—ਜਿਸ ਤਕ ਪਹੁੰਚ ਨਾ ਹੋ ਸਕੇ, ਅਪਹੁੰਚ । ਅਪਾਰੀਐ—ਅ+ਪਾਰ, ਜਿਸ ਦਾ ਪਾਰਲਾ ਬੰਨਾ ਨਾਹ ਲੱਭ ਸਕੇ । ਸਚਾ—ਸਦਾ-ਥਿਰ ਰਹਿਣ ਵਾਲਾ । ਨਿਹਾਰੀਐ—ਵੇਖਦਾ ਹੈ । ਨ ਜਾਪੈ—ਨਹੀਂ ਜਾਪਦੀ, ਮਲੂਮ ਨਹੀਂ ਹੁੰਦੀ । ਧਾਰੀਐ—ਬਣਾਈ ਹੋਈ ਹੈ । ਦੇ—ਦੇਂਦਾ ਹੈ । ਜੇਤ—ਜਿਤਨੀ (ਸ੍ਰਿਸ਼ਟੀ) । ਇਕਤੁ ਸੂਤਿ—ਇਕੋ ਧਾਗੇ ਵਿਚ । ਸੰਜਾਰੀਐ—ਮਿਲਾ ਦਿਤੀ ਹੈ । ਮਥਾਰੀਐ—ਮੱਥੇ ਤੇ । ਗਤਿ—ਹਾਲਤ । ਮਿਤਿ—ਮਿਣਤੀ, ਅੰਦਾਜ਼ਾ ।

ਅਰਥ:- ਹੇ ਪਰਮਾਤਮਾ! ਤੇਰੀ ਕੋਈ ਖ਼ਾਸ ਕੁਲ ਨਹੀਂ, ਮਾਇਆ ਦੀ ਕਾਲਖ਼ ਤੈਨੂੰ ਨਹੀਂ ਲੱਗ ਸਕਦੀ, ਸਭ ਵਿਚ ਮੌਜੂਦ ਹੈਂ, ਅਪਹੁੰਚ ਤੇ ਬੇਅੰਤ ਹੈਂ, ਤੂੰ ਸਦਾ ਹੀ ਕਾਇਮ ਰਹਿਣ ਵਾਲਾ ਤੇ ਸੱਚ-ਮੁਚ ਹਸਤੀ ਵਾਲਾ ਵੇਖਣ ਵਿਚ ਆਉਂਦਾ ਹੈਂ, ਸਾਰੀ ਸ੍ਰਿਸ਼ਟੀ ਤੇਰੀ ਹੀ ਰਚੀ ਹੋਈ ਹੈ (ਇਸ ਵਿਚ ਭੀ) ਕੋਈ ਚੀਜ਼ ਫ਼ਰਜ਼ੀ (ਭਾਵ, ਮਨਘੜਤ) ਨਹੀਂ ਜਾਪਦੀ ।

(ਜਿਤਨੀ ਭੀ) ਸ੍ਰਿਸ਼ਟੀ ਪ੍ਰਭੂ ਨੇ ਪੈਦਾ ਕੀਤੀ ਹੈ (ਇਸ ਵਿਚ) ਸਭ ਜੀਵਾਂ ਨੂੰ ਦਾਤਾਰ ਪ੍ਰਭੂ (ਦਾਤਾਂ) ਦੇਂਦਾ ਹੈ; ਸਭ ਨੂੰ ਇੱਕੋ ਹੀ (ਹੁਕਮ-ਰੂਪ) ਧਾਗੇ ਵਿਚ ਪ੍ਰੋ ਕੇ (ਸਭ ਵਿਚ ਉਸ ਨੇ ਆਪਣੀ) ਜੋਤਿ ਮਿਲਾਈ ਹੋਈ ਹੈ; ਆਪਣੇ ਹੁਕਮ ਅੰਦਰ ਹੀ (ਉਸ ਨੇ ਜੀਵਾਂ ਨੂੰ) ਸੰਸਾਰ-ਸਮੁੰਦਰ ਵਿਚ (ਫਸਾਇਆ ਹੋਇਆ ਹੈ ਤੇ) ਹੁਕਮ ਅੰਦਰ ਹੀ (ਇਸ ਵਿਚੋਂ) ਤਾਰਦਾ ਹੈ ।

ਹੇ ਪ੍ਰਭੂ ਜੀ! ਤੈਨੂੰ ਉਹੀ ਮਨੁੱਖ ਸਿਮਰਦਾ ਹੈ ਜਿਸ ਦੇ ਮੱਥੇ ਤੇ ਭਾਗ ਹੋਵੇ; ਇਹ ਗੱਲ ਬਿਆਨ ਨਹੀਂ ਕੀਤੀ ਜਾ ਸਕਦੀ ਕਿ ਤੂੰ ਕਿਹੋ ਜਿਹਾ ਹੈਂ ਤੇ ਕੇਡਾ ਵੱਡਾ ਹੈਂ, ਮੈਂ ਤੈਥੋਂ ਸਦਕੇ ਹਾਂ ।੧।

ਸਲੋਕੁ ਮਃ ੫ ॥ ਜਾ ਤੂੰ ਤੁਸਹਿ ਮਿਹਰਵਾਨ ਅਚਿੰਤੁ ਵਸਹਿ ਮਨ ਮਾਹਿ ॥ ਜਾ ਤੂੰ ਤੁਸਹਿ ਮਿਹਰਵਾਨ ਨਉ ਨਿਧਿ ਘਰ ਮਹਿ ਪਾਹਿ ॥ ਜਾ ਤੂੰ ਤੁਸਹਿ ਮਿਹਰਵਾਨ ਤਾ ਗੁਰ ਕਾ ਮੰਤ੍ਰੁ ਕਮਾਹਿ ॥ ਜਾ ਤੂੰ ਤੁਸਹਿ ਮਿਹਰਵਾਨ ਤਾ ਨਾਨਕ ਸਚਿ ਸਮਾਹਿ ॥੧॥ {ਪੰਨਾ 518}

ਪਦਅਰਥ:- ਤੁਸਹਿ—ਤ੍ਰੁੱਠਦਾ ਹੈਂ । ਅਚਿੰਤੁ—ਅਚਨਚੇਤ ਹੀ, ਸੋਚ ਤੇ ਜਤਨ ਤੋਂ ਬਿਨਾ ਹੀ । ਵਸਹਿ—ਤੂੰ ਆ ਵੱਸਦਾ ਹੈਂ । ਨਿਧਿ—ਖ਼ਜ਼ਾਨੇ । ਮੰਤ੍ਰੁ—ਉਪਦੇਸ਼ । ਸਚਿ—ਸੱਚ ਵਿਚ ।

ਅਰਥ:- ਹੇ ਮਿਹਰਵਾਨ ਪ੍ਰਭੂ! ਜੇ ਤੂੰ ਤ੍ਰੁੱਠ ਪਏਂ ਤਾਂ ਤੂੰ ਸਹਿਜ ਸੁਭਾਇ ਹੀ (ਜੀਵਾਂ ਦੇ) ਮਨ ਵਿਚ ਆ ਵੱਸਦਾ ਹੈਂ, ਜੀਵ, ਮਾਨੋ, ਨੌ ਖ਼ਜ਼ਾਨੇ (ਹਿਰਦੇ) ਘਰ ਵਿਚ ਹੀ ਲੱਭ ਲੈਂਦੇ ਹਨ; ਸਤਿਗੁਰੂ ਦਾ ਸ਼ਬਦ ਕਮਾਉਣ ਲੱਗ ਪੈਂਦੇ ਹਨ, ਅਤੇ, ਹੇ ਨਾਨਕ! ਜੀਵ ਸੱਚ ਵਿਚ ਲੀਨ ਹੋ ਜਾਂਦੇ ਹਨ ।੧।

ਮਃ ੫ ॥ ਕਿਤੀ ਬੈਹਨ੍ਹਿ ਬੈਹਣੇ ਮੁਚੁ ਵਜਾਇਨਿ ਵਜ ॥ ਨਾਨਕ ਸਚੇ ਨਾਮ ਵਿਣੁ ਕਿਸੈ ਨ ਰਹੀਆ ਲਜ ॥੨॥ {ਪੰਨਾ 518}

ਪਦਅਰਥ:- ਕਿਤੀ—ਕਈ ਜੀਵ । ਬੈਹਨ੍ਹਿ—ਬੈਠਦੇ ਹਨ (ਅੱਖਰ 'ਨ' ਦੇ ਨਾਲ ਅੱਧਾ 'ਹ' ਹੈ) । ਬੈਹਣ—ਬੈਠਣ ਦੀ ਥਾਂ । ਬੈਹਣੇ—ਥਾਂ ਤੇ । ਮੁਚੁ—ਬਹੁਤ । ਵਜ—ਵਾਜੇ । ਲਜ—ਇੱਜ਼ਤ ।

ਅਰਥ:- ਹੇ ਨਾਨਕ! (ਇਸ ਜਗਤ ਵਿਚ) ਬੇਅੰਤ ਜੀਵ ਇਹਨਾਂ ਥਾਵਾਂ ਤੇ ਬੈਠ ਗਏ ਹਨ ਤੇ ਬਹੁਤ ਵਾਜੇ ਵਜਾ ਗਏ ਹਨ, ਪਰ ਸੱਚੇ ਨਾਮ ਤੋਂ ਵਾਂਜੇ ਰਹਿ ਕੇ ਕਿਸੇ ਦੀ ਭੀ ਇੱਜ਼ਤ ਨਹੀਂ ਰਹੀ ।੨।

ਪਉੜੀ ॥ ਤੁਧੁ ਧਿਆਇਨਿ੍ ਬੇਦ ਕਤੇਬਾ ਸਣੁ ਖੜੇ ॥ ਗਣਤੀ ਗਣੀ ਨ ਜਾਇ ਤੇਰੈ ਦਰਿ ਪੜੇ ॥ ਬ੍ਰਹਮੇ ਤੁਧੁ ਧਿਆਇਨਿ੍ ਇੰਦ੍ਰ ਇੰਦ੍ਰਾਸਣਾ ॥ ਸੰਕਰ ਬਿਸਨ ਅਵਤਾਰ ਹਰਿ ਜਸੁ ਮੁਖਿ ਭਣਾ ॥ ਪੀਰ ਪਿਕਾਬਰ ਸੇਖ ਮਸਾਇਕ ਅਉਲੀਏ ॥ ਓਤਿ ਪੋਤਿ ਨਿਰੰਕਾਰ ਘਟਿ ਘਟਿ ਮਉਲੀਏ ॥ ਕੂੜਹੁ ਕਰੇ ਵਿਣਾਸੁ ਧਰਮੇ ਤਗੀਐ ॥ ਜਿਤੁ ਜਿਤੁ ਲਾਇਹਿ ਆਪਿ ਤਿਤੁ ਤਿਤੁ ਲਗੀਐ ॥੨॥ {ਪੰਨਾ 518}

ਪਦਅਰਥ:- ਕਤੇਬਾ—ਤੌਰੇਤ, ਜ਼ਬੂਰ, ਅੰਜੀਲ, ਕੁਰਾਨ । ਸਣੁ—ਸਮੇਤ । ਇੰਦ੍ਰਾਸਣਾ—ਇੰਦ੍ਰ ਦੇ ਆਸਣ ਵਾਲੇ । ਸੰਕਰ—ਸ਼ਿਵ । ਮੁਖਿ—ਮੂੰਹ ਨਾਲ । ਭਣਾ—ਉਚਾਰਦੇ ਹਨ । ਪਿਕਾਬਰ—ਪੈਗ਼ੰਬਰ । ਮਸਾਇਕ—ਕਈ ਸ਼ੇਖ਼ । ਅਉਲੀਏ—ਵਲੀ । ਓਤ—ਉਣਿਆ ਹੋਇਆ । ਪੋਤ—ਪ੍ਰੋਤਾ ਹੋਇਆ । ਓਤਿ ਪੋਤਿ—ਜਿਵੇਂ ਤਾਣਾ ਤੇ ਪੇਟਾ ਆਪੋ ਵਿਚ ਮਿਲੇ ਹੋਏ ਹਨ । ਮਉਲੀਏ—ਮੌਲ ਰਿਹਾ ਹੈ, ਪ੍ਰਫੁਲਤ ਹੈ । ਤਗੀਐ—ਤੋੜ ਨਿਭੀਦਾ ਹੈ ।

ਅਰਥ:- ਹੇ ਪ੍ਰਭੂ! (ਤੌਰੇਤ, ਜ਼ਬੂਰ, ਅੰਜੀਲ, ਕੁਰਾਨ) ਕਤੇਬਾਂ ਸਮੇਤ ਵੇਦ (ਭਾਵ, ਹਿੰਦੂ ਮੁਸਲਮਾਨ ਆਦਿਕ ਸਾਰੇ ਮਤਾਂ ਦੇ ਧਰਮ-ਪੁਸਤਕ) ਤੈਨੂੰ ਖੜੇ ਸਿਮਰ ਰਹੇ ਹਨ, ਇਤਨੇ ਜੀਵ ਤੇਰੇ ਦਰ ਤੇ ਡਿੱਗੇ ਹੋਏ ਹਨ ਕਿ ਉਹਨਾਂ ਦੀ ਗਿਣਤੀ ਨਹੀਂ ਗਿਣੀ ਜਾ ਸਕਦੀ, ਕਈ ਬ੍ਰਹਮੇ ਤੇ ਸਿੰਘਾਸਨਾਂ ਵਾਲੇ ਕਈ ਇੰਦਰ ਤੈਨੂੰ ਧਿਆਉਂਦੇ ਹਨ, ਹੇ ਹਰੀ! ਕਈ ਸ਼ਿਵ ਤੇ ਵਿਸ਼ਨੂੰ ਦੇ ਅਵਤਾਰ ਤੇਰਾ ਜਸ ਮੂੰਹੋਂ ਉਚਾਰ ਰਹੇ ਹਨ, ਕਈ ਪੀਰ, ਪੈਗ਼ੰਬਰ, ਬੇਅੰਤ ਸ਼ੇਖ਼ ਤੇ ਵਲੀ (ਤੇਰੇ ਗੁਣ ਗਾ ਰਹੇ ਹਨ), ਹੇ ਨਿਰੰਕਾਰ! ਤਾਣੇ ਪੇਟੇ ਵਾਂਗ ਹਰੇਕ ਸਰੀਰ ਵਿਚ ਤੂੰ ਹੀ ਮੌਲ ਰਿਹਾ ਹੈਂ ।

(ਹੇ ਪ੍ਰਭੂ!) ਝੂਠ ਦੇ ਕਾਰਨ (ਜੀਵ ਆਪਣੇ ਆਪ ਦਾ) ਨਾਸ ਕਰ ਲੈਂਦਾ ਹੈ, ਧਰਮ ਦੀ ਰਾਹੀਂ (ਤੇਰੇ ਨਾਲ ਜੀਵਾਂ ਦੀ) ਤੋੜ ਨਿਭ ਜਾਂਦੀ ਹੈ, ਪਰ ਜਿਧਰ ਜਿਧਰ ਤੂੰ ਆਪ ਲਾਉਂਦਾ ਹੈਂ, ਓਧਰ ਓਧਰ ਹੀ ਲੱਗ ਸਕੀਦਾ ਹੈ (ਜੀਵਾਂ ਦੇ ਵੱਸ ਦੀ ਗੱਲ ਨਹੀਂ ਹੈ) ।੨।

ਸਲੋਕੁ ਮਃ ੫ ॥ ਚੰਗਿਆਈ ਆਲਕੁ ਕਰੇ ਬੁਰਿਆਈ ਹੋਇ ਸੇਰੁ ॥ ਨਾਨਕ ਅਜੁ ਕਲਿ ਆਵਸੀ ਗਾਫਲ ਫਾਹੀ ਪੇਰੁ ॥੧॥ {ਪੰਨਾ 518}

ਪਦਅਰਥ:- ਆਲਕੁ—ਆਲਸ । ਸੇਰੁ—ਭਾਵ, ਦਲੇਰ । ਅਜੁ ਕਲਿ—ਛੇਤੀ ਹੀ । ਆਵਸੀ—ਆ ਜਾਇਗਾ । ਗਾਫਲ ਪੇਰੁ—ਗ਼ਾਫ਼ਲ ਮਨੁੱਖ ਦਾ ਪੈਰ । ਫਾਹੀ—ਮੌਤ ਦੀ ਫਾਹੀ ਵਿਚ ।

ਅਰਥ:- (ਗ਼ਾਫ਼ਲ ਮਨੁੱਖ) ਚੰਗੇ ਕੰਮਾਂ ਵਿਚ ਆਲਸ ਕਰਦਾ ਹੈ ਤੇ ਭੈੜੇ ਕੰਮਾਂ ਵਿਚ ਸ਼ੇਰ ਹੁੰਦਾ ਹੈ; ਪਰ, ਹੇ ਨਾਨਕ! ਗ਼ਾਫ਼ਲ ਦਾ ਪੈਰ ਛੇਤੀ ਹੀ ਮੌਤ ਦੀ ਫਾਹੀ ਵਿਚ ਆ ਜਾਂਦਾ ਹੈ (ਭਾਵ, ਮੌਤ ਆ ਦਬੋਚਦੀ ਹੈ) ।੧।

ਮਃ ੫ ॥ ਕਿਤੀਆ ਕੁਢੰਗ ਗੁਝਾ ਥੀਐ ਨ ਹਿਤੁ ॥ ਨਾਨਕ ਤੈ ਸਹਿ ਢਕਿਆ ਮਨ ਮਹਿ ਸਚਾ ਮਿਤੁ ॥੨॥ {ਪੰਨਾ 518}

ਪਦਅਰਥ:- ਕਿਤੀਆ—ਕਈ, ਕਿਤਨੇ ਹੀ । ਕੁਢੰਗ—ਭੈੜੇ ਢੰਗ, ਖੋਟੇ ਕਰਮ । ਗੁਝਾ—ਲੁਕਿਆ ਛਿਪਿਆ । ਤੈ ਸਹਿ—ਤੂੰ ਖਸਮ ਨੇ । ਸਹਿ—ਸ਼ਹੁ ਨੇ ।

ਅਰਥ:- ਹੇ ਨਾਨਕ ਦੇ ਪ੍ਰਭੂ! ਅਸਾਡੇ ਕਈ ਖੋਟੇ ਕਰਮ ਤੇ ਖੋਟੇ ਕਰਮਾਂ ਦਾ ਮੋਹ ਤੈਥੋਂ ਲੁਕਿਆ ਹੋਇਆ ਨਹੀਂ; ਤੂੰ ਹੀ ਅਸਾਡੇ ਮਨ ਵਿਚ ਸੱਚਾ ਮਿੱਤਰ ਹੈਂ (ਭਾਵ, ਤੂੰ ਹੀ ਅਸਾਨੂੰ ਸੱਚਾ ਮਿੱਤਰ ਦਿੱਸਦਾ ਹੈਂ), ਤੂੰ ਅਸਾਡੇ ਉਹਨਾਂ ਖੋਟੇ ਕਰਮਾਂ ਤੇ ਪਰਦਾ ਪਾ ਰੱਖਿਆ ਹੈ (ਭਾਵ, ਅਸਾਨੂੰ ਜਗਤ ਵਿਚ ਨਸ਼ਰ ਨਹੀਂ ਹੋਣ ਦੇਂਦਾ) ।੨।

ਪਉੜੀ ॥ ਹਉ ਮਾਗਉ ਤੁਝੈ ਦਇਆਲ ਕਰਿ ਦਾਸਾ ਗੋਲਿਆ ॥ ਨਉ ਨਿਧਿ ਪਾਈ ਰਾਜੁ ਜੀਵਾ ਬੋਲਿਆ ॥ ਅੰਮ੍ਰਿਤ ਨਾਮੁ ਨਿਧਾਨੁ ਦਾਸਾ ਘਰਿ ਘਣਾ ॥ ਤਿਨ ਕੈ ਸੰਗਿ ਨਿਹਾਲੁ ਸ੍ਰਵਣੀ ਜਸੁ ਸੁਣਾ ॥ ਕਮਾਵਾ ਤਿਨ ਕੀ ਕਾਰ ਸਰੀਰੁ ਪਵਿਤੁ ਹੋਇ ॥ ਪਖਾ ਪਾਣੀ ਪੀਸਿ ਬਿਗਸਾ ਪੈਰ ਧੋਇ ॥ ਆਪਹੁ ਕਛੂ ਨ ਹੋਇ ਪ੍ਰਭ ਨਦਰਿ ਨਿਹਾਲੀਐ ॥ ਮੋਹਿ ਨਿਰਗੁਣ ਦਿਚੈ ਥਾਉ ਸੰਤ ਧਰਮ ਸਾਲੀਐ ॥੩॥ {ਪੰਨਾ 518}

ਪਦਅਰਥ:- ਨਿਧਿ—ਖ਼ਜ਼ਾਨਾ । ਬੋਲਿਆ—(ਤੇਰਾ ਨਾਮ) ਉਚਾਰਿਆਂ । ਘਣਾ—ਬਹੁਤ । ਸ੍ਰਵਣੀ—ਕੰਨਾਂ ਨਾਲ । ਪੀਸਿ—(ਚੱਕੀ) ਪੀਹ ਕੇ । ਬਿਗਸਾ—ਮੈਂ ਖ਼ੁਸ਼ ਹੁੰਦਾ ਹਾਂ । ਆਪਹੁ—ਮੇਰੇ ਆਪਣੇ ਪਾਸੋਂ । ਨਿਹਾਲੀਐ—ਤੱਕ, ਵੇਖ । ਮੋਹਿ—ਮੈਨੂੰ । ਧਰਮਸਾਲੀਐ—ਧਰਮ-ਅਸਥਾਨ ਵਿਚ, ਸਤ ਸੰਗ ਵਿਚ ।

ਅਰਥ:- ਹੇ ਦਇਆ ਦੇ ਘਰ ਪ੍ਰਭੂ! ਮੈਂ ਤੈਥੋਂ (ਇਹ) ਮੰਗਦਾ ਹਾਂ (ਕਿ ਮੈਨੂੰ ਆਪਣੇ) ਦਾਸਾਂ ਦਾ ਦਾਸ ਬਣਾ ਲੈ; ਤੇਰਾ ਨਾਮ ਉਚਾਰਿਆਂ ਹੀ ਮੈਂ ਜੀਊਂਦਾ ਹਾਂ, (ਤੇ, ਮਾਨੋ,) ਨੌ ਖ਼ਜ਼ਾਨੇ ਤੇ (ਧਰਤੀ ਦਾ) ਰਾਜ ਪਾ ਲੈਂਦਾ ਹਾਂ, ਇਹ ਅੰਮ੍ਰਿਤ-ਨਾਮ ਰੂਪ ਖ਼ਜ਼ਾਨਾ ਤੇਰੇ ਸੇਵਕਾਂ ਦੇ ਘਰ ਵਿਚ ਬਹੁਤ ਹੈ; ਜਦੋਂ ਮੈਂ ਉਹਨਾਂ ਦੀ ਸੰਗਤਿ ਵਿਚ (ਬੈਠ ਕੇ, ਆਪਣੇ) ਕੰਨਾਂ ਨਾਲ (ਤੇਰਾ) ਜਸ ਸੁਣਦਾ ਹਾਂ, ਮੈਂ ਨਿਹਾਲ ਹੋ ਜਾਂਦਾ ਹਾਂ । (ਜਿਉਂ ਜਿਉਂ) ਮੈਂ ਉਹਨਾਂ ਦੀ ਸੇਵਾ ਕਰਦਾ ਹਾਂ, (ਮੇਰਾ) ਸਰੀਰ ਪਵਿਤ੍ਰ ਹੁੰਦਾ ਹੈ, (ਉਹਨਾਂ ਨੂੰ) ਪੱਖਾ ਝੱਲ ਕੇ, (ਉਹਨਾਂ ਲਈ) ਪਾਣੀ ਢੋ ਕੇ, (ਚੱਕੀ) ਪੀਹ ਕੇ, (ਤੇ ਉਹਨਾਂ ਦੇ) ਪੈਰ ਧੋ ਕੇ ਮੈਂ ਖ਼ੁਸ਼ ਹੁੰਦਾ ਹਾਂ ।

ਪਰ, ਹੇ ਪ੍ਰਭੂ! ਮੈਥੋਂ ਆਪਣੇ ਆਪ ਤੋਂ ਕੁਝ ਨਹੀਂ ਹੋ ਸਕਦਾ, ਤੂੰ ਹੀ ਮੇਰੇ ਵਲ ਮੇਹਰ ਦੀ ਨਜ਼ਰ ਨਾਲ ਤੱਕ, ਤੇ ਮੈਨੂੰ ਗੁਣ-ਹੀਨ ਨੂੰ ਸੰਤਾਂ ਦੀ ਸੰਗਤਿ ਵਿਚ ਥਾਂ ਦੇਹ ।੩।

ਸਲੋਕ ਮਃ ੫ ॥ ਸਾਜਨ ਤੇਰੇ ਚਰਨ ਕੀ ਹੋਇ ਰਹਾ ਸਦ ਧੂਰਿ ॥ ਨਾਨਕ ਸਰਣਿ ਤੁਹਾਰੀਆ ਪੇਖਉ ਸਦਾ ਹਜੂਰਿ ॥੧॥ {ਪੰਨਾ 518}

ਪਦਅਰਥ:- ਧੂਰਿ—ਧੂੜ, ਖ਼ਾਕ । ਪੇਖਉ—ਵੇਖਾਂ । ਹਜੂਰਿ—ਅੰਗ ਸੰਗ, ਆਪਣੇ ਨਾਲ ।

ਅਰਥ:- ਹੇ ਨਾਨਕ! (ਇਉਂ ਆਖ, ਕਿ) ਹੇ ਸੱਜਣ! ਮੈਂ ਸਦਾ ਤੇਰੇ ਪੈਰਾਂ ਦੀ ਖ਼ਾਕ ਹੋਇਆ ਰਹਾਂ, ਮੈਂ ਤੇਰੀ ਸਰਨ ਪਿਆ ਰਹਾਂ ਅਤੇ ਤੈਨੂੰ ਹੀ ਆਪਣੇ ਅੰਗ-ਸੰਗ ਵੇਖਾਂ ।੧।

ਮਃ ੫ ॥ ਪਤਿਤ ਪੁਨੀਤ ਅਸੰਖ ਹੋਹਿ ਹਰਿ ਚਰਣੀ ਮਨੁ ਲਾਗ ॥ ਅਠਸਠਿ ਤੀਰਥ ਨਾਮੁ ਪ੍ਰਭ ਜਿਸੁ ਨਾਨਕ ਮਸਤਕਿ ਭਾਗ ॥੨॥ {ਪੰਨਾ 518}

ਪਦਅਰਥ:- ਪਤਿਤ—(ਵਿਕਾਰਾਂ ਵਿਚ) ਡਿੱਗੇ ਹੋਏ । ਪੁਨੀਤ—ਪਵਿਤ੍ਰ । ਅਸੰਖ—ਬੇਅੰਤ (ਜੀਵ)

। ਅਠਸਠਿ—ਅਠਾਹਠ । ਮਸਤਕਿ—ਮੱਥੇ ਤੇ ।

ਅਰਥ:- (ਵਿਕਾਰਾਂ ਵਿਚ) ਡਿੱਗੇ ਹੋਏ ਭੀ ਬੇਅੰਤ ਜੀਵ ਪਵਿਤ੍ਰ ਹੋ ਜਾਂਦੇ ਹਨ ਜੇ ਉਹਨਾਂ ਦਾ ਮਨ ਪ੍ਰਭੂ ਦੇ ਚਰਨਾਂ ਵਿਚ ਲੱਗ ਜਾਏ, ਪ੍ਰਭੂ ਦਾ ਨਾਮ ਹੀ ਅਠਾਹਠ ਤੀਰਥ ਹੈ, ਪਰ, ਹੇ ਨਾਨਕ! (ਇਹ ਨਾਮ ਉਸ ਮਨੁੱਖ ਨੂੰ ਮਿਲਦਾ ਹੈ) ਜਿਸ ਦੇ ਮੱਥੇ ਤੇ ਭਾਗ (ਲਿਖੇ) ਹਨ ।੨।

ਪਉੜੀ ॥ ਨਿਤ ਜਪੀਐ ਸਾਸਿ ਗਿਰਾਸਿ ਨਾਉ ਪਰਵਦਿਗਾਰ ਦਾ ॥ ਜਿਸ ਨੋ ਕਰੇ ਰਹੰਮ ਤਿਸੁ ਨ ਵਿਸਾਰਦਾ ॥ ਆਪਿ ਉਪਾਵਣਹਾਰ ਆਪੇ ਹੀ ਮਾਰਦਾ ॥ ਸਭੁ ਕਿਛੁ ਜਾਣੈ ਜਾਣੁ ਬੁਝਿ ਵੀਚਾਰਦਾ ॥ ਅਨਿਕ ਰੂਪ ਖਿਨ ਮਾਹਿ ਕੁਦਰਤਿ ਧਾਰਦਾ ॥ ਜਿਸ ਨੋ ਲਾਇ ਸਚਿ ਤਿਸਹਿ ਉਧਾਰਦਾ ॥ ਜਿਸ ਦੈ ਹੋਵੈ ਵਲਿ ਸੁ ਕਦੇ ਨ ਹਾਰਦਾ ॥ ਸਦਾ ਅਭਗੁ ਦੀਬਾਣੁ ਹੈ ਹਉ ਤਿਸੁ ਨਮਸਕਾਰਦਾ ॥੪॥ {ਪੰਨਾ 518-519}

ਪਦਅਰਥ:- ਸਾਸਿ—ਸਾਹ ਨਾਲ । ਗਿਰਾਸਿ—ਗਿਰਾਹੀ ਨਾਲ । ਸਾਸਿ ਗਿਰਾਸਿ—ਸਾਹ ਲੈਂਦਿਆਂ ਤੇ ਖਾਂਦਿਆਂ । ਪਰਵਦਿਗਾਰ—ਪਾਲਣ ਵਾਲਾ । ਰਹੰਮ—ਰਹਿਮ, ਤਰਸ । ਜਾਣੁ—ਅੰਤਰਜਾਮੀ । ਬੁਝਿ—ਬੁੱਝ ਕੇ, ਸਮਝ ਕੇ । ਸਚਿ—ਸੱਚ ਵਿਚ । ਅਭਗੁ—ਅ+ਭਗੁ, ਨਾਹ ਨਾਸ ਹੋਣ ਵਾਲਾ । ਦੀਬਾਣੁ—ਦਰਬਾਰ ।

ਅਰਥ:- (ਹੇ ਭਾਈ!) ਪਾਲਣਹਾਰ ਪ੍ਰਭੂ ਦਾ ਨਾਮ ਸਾਹ ਲੈਂਦਿਆਂ ਖਾਂਦਿਆਂ ਹਰ ਵੇਲੇ ਜਪਣਾ ਚਾਹੀਦਾ ਹੈ, ਉਹ ਪ੍ਰਭੂ ਜਿਸ ਬੰਦੇ ਉੱਤੇ ਮਿਹਰ ਕਰਦਾ ਹੈ ਉਸ ਨੂੰ (ਆਪਣੇ ਮਨੋਂ) ਭੁਲਾਂਦਾ ਨਹੀਂ, ਉਹ ਆਪ ਜੀਵਾਂ ਨੂੰ ਪੈਦਾ ਕਰਨ ਵਾਲਾ ਹੈ ਤੇ ਆਪ ਹੀ ਮਾਰਦਾ ਹੈ, ਉਹ ਅੰਤਰਜਾਮੀ (ਜੀਵਾਂ ਦੇ ਦਿਲ ਦੀ) ਹਰੇਕ ਗੱਲ ਜਾਣਦਾ ਹੈ ਤੇ ਉਸ ਨੂੰ ਸਮਝ ਕੇ (ਉਸ ਤੇ) ਵਿਚਾਰ ਭੀ ਕਰਦਾ ਹੈ, ਇਕ ਪਲਕ ਵਿਚ ਕੁਦਰਤਿ ਦੇ ਅਨੇਕਾਂ ਰੂਪ ਬਣਾ ਦੇਂਦਾ ਹੈ, ਜਿਸ ਮਨੁੱਖ ਨੂੰ ਉਹ ਸੱਚ ਵਿਚ ਜੋੜਦਾ ਹੈ ਉਸ ਨੂੰ (ਵਿਕਾਰਾਂ ਤੋਂ) ਬਚਾ ਲੈਂਦਾ ਹੈ ।

ਪ੍ਰਭੂ ਜਿਸ ਜੀਵ ਦੇ ਪੱਖ ਵਿਚ ਹੋ ਜਾਂਦਾ ਹੈ ਉਹ ਜੀਵ (ਵਿਕਾਰਾਂ ਦੇ ਟਾਕਰੇ ਤੇ ਮਨੁੱਖਾ ਜਨਮ ਦੀ ਬਾਜ਼ੀ) ਕਦੇ ਹਾਰਦਾ ਨਹੀਂ, ਉਸ ਪ੍ਰਭੂ ਦਾ ਦਰਬਾਰ ਸਦਾ ਅਟੱਲ ਹੈ, ਮੈਂ ਉਸ ਨੂੰ ਨਮਸਕਾਰ ਕਰਦਾ ਹਾਂ ।੪।

ਸਲੋਕ ਮਃ ੫ ॥ ਕਾਮੁ ਕ੍ਰੋਧੁ ਲੋਭੁ ਛੋਡੀਐ ਦੀਜੈ ਅਗਨਿ ਜਲਾਇ ॥ ਜੀਵਦਿਆ ਨਿਤ ਜਾਪੀਐ ਨਾਨਕ ਸਾਚਾ ਨਾਉ ॥੧॥ {ਪੰਨਾ 519}

ਅਰਥ:- ਹੇ ਨਾਨਕ! ਕਾਮ ਕ੍ਰੋਧ ਤੇ ਲੋਭ (ਆਦਿਕ ਵਿਕਾਰ) ਛੱਡ ਦੇਣੇ ਚਾਹੀਦੇ ਹਨ, (ਇਹਨਾਂ ਨੂੰ) ਅੱਗ ਵਿਚ ਸਾੜ ਦੇਈਏ, ਜਦ ਤਕ ਜੀਊਂਦੇ ਹਾਂ (ਪ੍ਰਭੂ ਦਾ) ਸੱਚਾ ਨਾਮ ਸਦਾ ਸਿਮਰਦੇ ਰਹੀਏ ।੧।

ਮਃ ੫ ॥ ਸਿਮਰਤ ਸਿਮਰਤ ਪ੍ਰਭੁ ਆਪਣਾ ਸਭ ਫਲ ਪਾਏ ਆਹਿ ॥ ਨਾਨਕ ਨਾਮੁ ਅਰਾਧਿਆ ਗੁਰ ਪੂਰੈ ਦੀਆ ਮਿਲਾਇ ॥੨॥ {ਪੰਨਾ 519}

ਪਦਅਰਥ:- ਆਹਿ—ਹਨ । ਗੁਰਿ—ਗੁਰੂ ਨੇ ।

ਅਰਥ:- ਹੇ ਨਾਨਕ! ਜਿਸ ਮਨੁੱਖ ਨੇ ਪੂਰੇ ਗੁਰੂ ਦੀ ਰਾਹੀਂ ਪ੍ਰਭੂ ਦਾ ਨਾਮ ਸਿਮਰਿਆ ਹੈ, ਗੁਰੂ ਨੇ ਉਸ

ਨੂੰ ਪ੍ਰਭੂ ਨਾਲ ਮਿਲਾ ਦਿੱਤਾ ਹੈ, ਤੇ ਪਿਆਰਾ ਪ੍ਰਭੂ ਸਿਮਰ ਸਿਮਰ ਕੇ ਉਸ ਨੇ ਸਾਰੇ ਫਲ ਹਾਸਲ ਕਰ ਲਏ ਹਨ (ਭਾਵ, ਜਗਤ ਵਾਲੀਆਂ ਸਾਰੀਆਂ ਵਾਸ਼ਨਾ ਉਸ ਦੀਆਂ ਮੁੱਕ ਗਈਆਂ ਹਨ) ।੨।

ਪਉੜੀ ॥ ਸੋ ਮੁਕਤਾ ਸੰਸਾਰਿ ਜਿ ਗੁਰਿ ਉਪਦੇਸਿਆ ॥ ਤਿਸ ਕੀ ਗਈ ਬਲਾਇ ਮਿਟੇ ਅੰਦੇਸਿਆ ॥ ਤਿਸ ਕਾ ਦਰਸਨੁ ਦੇਖਿ ਜਗਤੁ ਨਿਹਾਲੁ ਹੋਇ ॥ ਜਨ ਕੈ ਸੰਗਿ ਨਿਹਾਲੁ ਪਾਪਾ ਮੈਲੁ ਧੋਇ ॥ ਅੰਮ੍ਰਿਤੁ ਸਾਚਾ ਨਾਉ ਓਥੈ ਜਾਪੀਐ ॥ ਮਨ ਕਉ ਹੋਇ ਸੰਤੋਖੁ ਭੁਖਾ ਧ੍ਰਾਪੀਐ ॥ ਜਿਸੁ ਘਟਿ ਵਸਿਆ ਨਾਉ ਤਿਸੁ ਬੰਧਨ ਕਾਟੀਐ ॥ ਗੁਰ ਪਰਸਾਦਿ ਕਿਨੈ ਵਿਰਲੈ ਹਰਿ ਧਨੁ ਖਾਟੀਐ ॥੫॥ {ਪੰਨਾ 519}

ਪਦਅਰਥ:- ਸੰਸਾਰਿ—ਸੰਸਾਰ ਵਿਚ । ਜਿ—ਜਿਸ ਨੂੰ । ਗੁਰਿ—ਗੁਰੂ ਨੇ । ਬਲਾਇ—ਬਿਪਤਾ । ਓਥੈ—'ਜਨ' ਦੀ ਸੰਗਤਿ ਵਿਚ । ਧ੍ਰਾਪੀਐ—ਰੱਜ ਜਾਂਦਾ ਹੈ । ਜਿਸੁ ਘਟਿ—ਜਿਸ ਦੇ ਹਿਰਦੇ ਵਿਚ । ਭੁਖਾ—ਤ੍ਰਿਸ਼ਨਾ ਦਾ ਮਾਰਿਆ ਹੋਇਆ ।

ਅਰਥ:- ਜਿਸ ਮਨੁੱਖ ਨੂੰ ਸਤਿਗੁਰੂ ਨੇ ਉਪਦੇਸ਼ ਦਿੱਤਾ ਹੈ ਉਹ ਜਗਤ ਵਿਚ (ਰਹਿੰਦਾ ਹੋਇਆ ਹੀ ਮਾਇਆ ਦੇ ਬੰਧਨਾਂ ਤੋਂ) ਆਜ਼ਾਦ ਹੈ; ਉਸ ਦੀ ਬਿਪਤਾ ਦੂਰ ਹੋ ਜਾਂਦੀ ਹੈ, ਉਸ ਦੇ ਫ਼ਿਕਰ ਮਿਟ ਜਾਂਦੇ ਹਨ; ਉਸ ਦਾ ਦਰਸ਼ਨ ਕਰ ਕੇ (ਸਾਰਾ) ਜਗਤ ਨਿਹਾਲ ਹੋ ਜਾਂਦਾ ਹੈ, ਉਸ ਜਨ ਦੀ ਸੰਗਤਿ ਵਿਚ ਜੀਵ ਪਾਪਾਂ ਦੀ ਮੈਲ ਧੋ ਕੇ ਨਿਹਾਲ ਹੁੰਦਾ ਹੈ; ਉਸ ਦੀ ਸੰਗਤਿ ਵਿਚ ਅਮਰ ਕਰਨ ਵਾਲਾ ਸੱਚਾ ਨਾਮ ਸਿਮਰੀਦਾ ਹੈ, ਤ੍ਰਿਸ਼ਨਾ ਦਾ ਮਾਰਿਆ ਬੰਦਾ ਭੀ ਓਥੇ ਰੱਜ ਜਾਂਦਾ ਹੈ, ਉਸ ਦੇ ਮਨ ਨੂੰ ਸੰਤੋਖ ਆ ਜਾਂਦਾ ਹੈ ।

ਜਿਸ ਮਨੁੱਖ ਦੇ ਹਿਰਦੇ ਵਿਚ ਪ੍ਰਭੂ ਦਾ ਨਾਮ ਵੱਸਦਾ ਹੈ ਉਸ ਦੇ (ਮਾਇਆ ਵਾਲੇ) ਬੰਧਨ ਕੱਟੇ ਜਾਂਦੇ ਹਨ, ਪਰ, ਕਿਸੇ ਵਿਰਲੇ ਮਨੁੱਖ ਨੇ ਗੁਰੂ ਦੀ ਕਿਰਪਾ ਨਾਲ ਨਾਮ-ਧਨ ਖੱਟਿਆ ਹੈ ।੫।

ਸਲੋਕ ਮਃ ੫ ॥ ਮਨ ਮਹਿ ਚਿਤਵਉ ਚਿਤਵਨੀ ਉਦਮੁ ਕਰਉ ਉਠਿ ਨੀਤ ॥ ਹਰਿ ਕੀਰਤਨ ਕਾ ਆਹਰੋ ਹਰਿ ਦੇਹੁ ਨਾਨਕ ਕੇ ਮੀਤ ॥੧॥ {ਪੰਨਾ 519}

ਪਦਅਰਥ:- ਚਿਤਵਉ—ਮੈਂ ਸੋਚਦਾ ਹਾਂ । ਚਿਤਵਨੀ—ਸੋਚ । ਕਰਉ—ਕਰਾਂ । ਉਠਿ—ਉੱਠ ਕੇ ।

ਅਰਥ:- ਮੈਂ ਆਪਣੇ ਮਨ ਵਿਚ (ਇਹ) ਸੋਚਦਾ ਹਾਂ ਕਿ ਨਿੱਤ (ਸਵੇਰੇ) ਉੱਠ ਕੇ ਉੱਦਮ ਕਰਾਂ । ਹੇ ਨਾਨਕ ਦੇ ਮਿਤ੍ਰ ! ਮੈਨੂੰ ਆਪਣੀ ਸਿਫ਼ਤਿ-ਸਾਲਾਹ ਦਾ ਆਹਰ ਬਖ਼ਸ਼ ।੧।

ਮਃ ੫ ॥ ਦ੍ਰਿਸਟਿ ਧਾਰਿ ਪ੍ਰਭਿ ਰਾਖਿਆ ਮਨੁ ਤਨੁ ਰਤਾ ਮੂਲਿ ॥ ਨਾਨਕ ਜੋ ਪ੍ਰਭ ਭਾਣੀਆ ਮਰਉ ਵਿਚਾਰੀ ਸੂਲਿ ॥੨॥ {ਪੰਨਾ 519}

ਪਦਅਰਥ:- ਦ੍ਰਿਸਟਿ—(ਮੇਹਰ ਦੀ) ਨਜ਼ਰ । ਪ੍ਰਭਿ—ਪ੍ਰਭੂ ਨੇ । ਮੂਲਿ—ਮੂਲ ਵਿਚ, ਕਰਤਾਰ ਵਿਚ । ਪ੍ਰਭ ਭਾਣੀਆ—ਪ੍ਰਭੂ ਨੂੰ ਚੰਗੀਆਂ ਲੱਗਦੀਆਂ ਹਨ । ਮਰਉ—ਮੈਂ ਕਰ ਰਹੀ ਹਾਂ । ਸੂਲਿ—ਦੁਖ ਵਿਚ ।

ਅਰਥ:- ਹੇ ਨਾਨਕ ! ਜੋ (ਜੀਵ-ਇਸਤ੍ਰੀਆਂ) ਪ੍ਰਭੂ ਨੂੰ ਭਾ ਗਈਆਂ ਹਨ, ਜਿਨ੍ਹਾਂ ਨੂੰ ਪ੍ਰਭੂ ਨੇ ਮੇਹਰ ਦੀ ਨਜ਼ਰ ਕਰ ਕੇ ਰੱਖ ਲਿਆ ਹੈ ਉਹਨਾਂ ਦਾ ਮਨ ਤੇ ਤਨ ਪ੍ਰਭੂ ਵਿਚ ਰੱਤਾ ਰਹਿੰਦਾ ਹੈ, ਪਰ ਮੈਂ ਅਭਾਗਣ

ਦੁਖ ਵਿਚ ਮਰ ਰਹੀ ਹਾਂ (ਹੇ ਪ੍ਰਭੂ! ਮੇਰੇ ਤੇ ਕਿਰਪਾ ਕਰ) ।੨।

ਪਉੜੀ ॥ ਜੀਅ ਕੀ ਬਿਰਥਾ ਹੋਇ ਸੁ ਗੁਰ ਪਹਿ ਅਰਦਾਸਿ ਕਰਿ ॥ ਛੋਡਿ ਸਿਆਣਪ ਸਗਲ ਮਨੁ ਤਨੁ ਅਰਪਿ ਧਰਿ ॥ ਪੂਜਹੁ ਗੁਰ ਕੇ ਪੈਰ ਦੁਰਮਤਿ ਜਾਇ ਜਰਿ ॥ ਸਾਧ ਜਨਾ ਕੈ ਸੰਗਿ ਭਵਜਲੁ ਬਿਖਮੁ ਤਰਿ ॥ ਸੇਵਹੁ ਸਤਿਗੁਰ ਦੇਵ ਅਗੈ ਨ ਮਰਹੁ ਡਰਿ ॥ ਖਿਨ ਮਹਿ ਕਰੇ ਨਿਹਾਲੁ ਊਣੇ ਸੁਭਰ ਭਰਿ ॥ ਮਨ ਕਉ ਹੋਇ ਸੰਤੋਖੁ ਧਿਆਈਐ ਸਦਾ ਹਰਿ ॥ ਸੋ ਲਗਾ ਸਤਿਗੁਰ ਸੇਵ ਜਾ ਕਉ ਕਰਮੁ ਧੁਰਿ ॥੬॥ {ਪੰਨਾ 519}

ਪਦਅਰਥ:- ਬਿਰਥਾ—(ਸੰ: ਵ੍ਯਥਾ) ਪੀੜ, ਦੁੱਖ । ਅਰਪਿ ਧਰਿ—ਹਵਾਲੇ ਕਰ ਦੇ । ਦੁਰਮਤਿ—ਭੈੜੀ ਮੱਤ । ਜਰਿ ਜਾਇ—ਸੜ ਜਾਂਦੀ ਹੈ । ਬਿਖਮੁ—ਔਖਾ । ਅਗੈ—ਪਰਲੋਕ ਵਿਚ । ਊਣੇ—ਸੱਖਣੇ, ਖ਼ਾਲੀ । ਸੁਭਰ—ਨਕਾ ਨਕ । ਕਰਮੁ—ਬਖ਼ਸ਼ਸ਼ । ਧੁਰਿ—ਧੁਰੋਂ, ਪ੍ਰਭੂ ਦੀ ਦਰਗਾਹ ਵਿਚੋਂ ।

ਅਰਥ:- (ਹੇ ਭਾਈ!) ਦਿਲ ਦਾ ਜੋ ਦੁੱਖ ਹੋਵੇ ਉਹ ਆਪਣੇ ਸਤਿਗੁਰੂ ਅਗੇ ਬੇਨਤੀ ਕਰ, ਆਪਣੀ ਸਾਰੀ ਚਤੁਰਾਈ ਛੱਡ ਦੇਹ ਤੇ ਮਨ ਤਨ ਗੁਰੂ ਦੇ ਹਵਾਲੇ ਕਰ ਦੇਹ, ਸਤਿਗੁਰੂ ਦੇ ਪੈਰ ਪੂਜ (ਭਾਵ, ਗੁਰੂ ਦਾ ਆਸਰਾ ਲੈ, ਇਸ ਤਰ੍ਹਾਂ) ਭੈੜੀ ਮੱਤ (ਰੂਪ 'ਬਿਰਥਾ') ਸੜ ਜਾਂਦੀ ਹੈ, ਗੁਰਮੁਖਾਂ ਦੀ ਸੰਗਤਿ ਵਿਚ ਇਹ ਔਖਾ ਸੰਸਾਰ-ਸਮੁੰਦਰ ਤਰ ਜਾਈਦਾ ਹੈ ।

(ਹੇ ਭਾਈ!) ਗੁਰੂ ਦੇ ਦੱਸੇ ਰਾਹ ਤੇ ਤੁਰੋ, ਪਰਲੋਕ ਵਿਚ ਡਰ ਡਰ ਨਹੀਂ ਮਰੋਗੇ, ਗੁਰੂ (ਗੁਣਾਂ ਤੋਂ) ਸੱਖਣੇ ਬੰਦਿਆਂ ਨੂੰ (ਗੁਣਾਂ ਨਾਲ) ਨਕਾ-ਨਕ ਭਰ ਕੇ ਇਕ ਪਲਕ ਵਿਚ ਨਿਹਾਲ ਕਰ ਦੇਂਦਾ ਹੈ, (ਗੁਰੂ ਦੀ ਰਾਹੀਂ ਜੇ) ਸਦਾ ਪ੍ਰਭੂ ਨੂੰ ਸਿਮਰੀਏ ਤਾਂ ਮਨ ਨੂੰ ਸੰਤੋਖ ਆਉਂਦਾ ਹੈ, ਪਰ, ਗੁਰੂ ਦੀ ਦੱਸੀ ਸੇਵਾ ਵਿਚ ਉਹੀ ਮਨੁੱਖ ਲੱਗਦਾ ਹੈ ਜਿਸ ਉਤੇ ਧੁਰੋਂ ਬਖ਼ਸ਼ਸ਼ ਹੋਵੇ ।੬।

ਸਲੋਕ ਮਃ ੫ ॥ ਲਗੜੀ ਸੁਥਾਨਿ ਜੋੜਣਹਾਰੈ ਜੋੜੀਆ ॥ ਨਾਨਕ ਲਹਰੀ ਲਖ ਸੈ ਆਨ ਡੁਬਣ ਦੇਇ ਨ ਮਾ ਪਿਰੀ ॥੧॥ {ਪੰਨਾ 519}

ਪਦਅਰਥ:- ਸੁਥਾਨਿ—ਚੰਗੇ ਟਿਕਾਣੇ ਤੇ । ਲਹਰੀ—ਲਹਰਾਂ । ਸੈ—ਸੈਂਕੜੇ । ਆਨ—ਹੋਰ ਹੋਰ, ਭਾਵ, ਵਿਕਾਰਾਂ ਦੀਆਂ । ਮਾ ਪਿਰੀ—ਮੇਰਾ ਪਿਆਰਾ ।

ਅਰਥ:- (ਮੇਰੀ ਪ੍ਰੀਤ) ਚੰਗੇ ਟਿਕਾਣੇ ਤੇ (ਭਾਵ, ਪਿਆਰੇ ਪ੍ਰਭੂ ਦੇ ਚਰਨਾਂ ਵਿਚ) ਚੰਗੀ ਤਰ੍ਹਾਂ ਲੱਗ ਗਈ ਹੈ ਜੋੜਨਹਾਰ ਪ੍ਰਭੂ ਨੇ ਆਪ ਜੋੜੀ ਹੈ, (ਜਗਤ ਵਿਚ) ਸੈਂਕੜੇ ਤੇ ਲੱਖਾਂ ਹੋਰ ਹੋਰ (ਭਾਵ, ਵਿਕਾਰਾਂ ਦੀਆਂ) ਲਹਿਰਾਂ (ਚੱਲ ਰਹੀਆਂ) ਹਨ, ਪਰ, ਹੇ ਨਾਨਕ! ਮੇਰਾ ਪਿਆਰਾ (ਮੈਨੂੰ ਇਹਨਾਂ ਲਹਿਰਾਂ ਵਿਚ) ਡੁੱਬਣ ਨਹੀਂ ਦੇਂਦਾ ।੧।

ਮਃ ੫ ॥ ਬਨਿ ਭੀਹਾਵਲੈ ਹਿਕੁ ਸਾਥੀ ਲਧਮੁ ਦੁਖ ਹਰਤਾ ਹਰਿ ਨਾਮਾ ॥ ਬਲਿ ਬਲਿ ਜਾਈ ਸੰਤ ਪਿਆਰੇ ਨਾਨਕ ਪੂਰਨ ਕਾਮਾਂ ॥੨॥ {ਪੰਨਾ 519}

ਪਦਅਰਥ:- ਭੀਹਾਵਲੈ ਬਨਿ—ਡਰਾਉਣੇ ਜੰਗਲ ਵਿਚ । ਹਿਕੁ—ਇੱਕ । ਲਧਮੁ—ਮੈਂ ਲੱਭਾ ਹੈ । ਹਰਤਾ—ਨਾਸ ਕਰਨ ਵਾਲਾ । ਪੂਰਨ ਕਾਮਾਂ—ਕੰਮ ਪੂਰਾ ਹੋ ਗਿਆ ਹੈ ।

ਅਰਥ:- (ਸੰਸਾਰ ਰੂਪ ਇਸ) ਡਰਾਉਣੇ ਜੰਗਲ ਵਿਚ ਮੈਨੂੰ ਹਰਿ-ਨਾਮ ਰੂਪ ਇਕੋ ਸਾਥੀ ਲੱਭਾ ਹੈ ਜੋ

ਦੁੱਖਾਂ ਦਾ ਨਾਸ ਕਰਨ ਵਾਲਾ ਹੈ, ਹੇ ਨਾਨਕ! ਮੈਂ ਪਿਆਰੇ ਗੁਰੂ ਤੋਂ ਸਦਕੇ ਹਾਂ (ਜਿਸ ਦੀ ਮਿਹਰ ਨਾਲ ਮੇਰਾ ਇਹ) ਕੰਮ ਸਿਰੇ ਚੜ੍ਹਿਆ ਹੈ ।੨।

ਪਉੜੀ ॥ ਪਾਈਅਨਿ ਸਭਿ ਨਿਧਾਨ ਤੇਰੈ ਰੰਗਿ ਰਤਿਆ ॥ ਨ ਹੋਵੀ ਪਛੋਤਾਉ ਤੁਧ ਨੋ ਜਪਤਿਆ ॥ ਪਹੁਚਿ ਨ ਸਕੈ ਕੋਇ ਤੇਰੀ ਟੇਕ ਜਨ ॥ ਗੁਰ ਪੂਰੇ ਵਾਹੁ ਵਾਹੁ ਸੁਖ ਲਹਾ ਚਿਤਾਰਿ ਮਨ ॥ ਗੁਰ ਪਹਿ ਸਿਫਤਿ ਭੰਡਾਰੁ ਕਰਮੀ ਪਾਈਐ ॥ ਸਤਿਗੁਰ ਨਦਰਿ ਨਿਹਾਲ ਬਹੁੜਿ ਨ ਧਾਈਐ ॥ ਰਖੈ ਆਪਿ ਦਇਆਲੁ ਕਰਿ ਦਾਸਾ ਆਪਣੇ ॥ ਹਰਿ ਹਰਿ ਹਰਿ ਹਰਿ ਨਾਮੁ ਜੀਵਾ ਸੁਣਿ ਸੁਣੇ ॥੭॥ {ਪੰਨਾ 519}

ਪਦਅਰਥ:- ਪਾਈਅਨਿ—ਪਾਏ ਜਾਂਦੇ ਹਨ {ਵਿਆਕਰਣ ਅਨੁਸਾਰ ਇਹ ਲਫ਼ਜ਼ 'ਪਾਇਨਿ' ਤੋਂ 'ਕਰਮ ਵਾਚ' Passice Voice ਹੈ} । ਵਾਹੁ ਵਾਹੁ—ਸ਼ਾਬਾਸ਼ । ਪਹਿ—ਪਾਸ । ਕਰਮੀ—(ਪ੍ਰਭੂ ਦੀ) ਮੇਹਰ ਨਾਲ । ਬਹੁੜਿ—ਫਿਰ, ਮੁੜ । ਧਾਈਐ—ਭਟਕੀਦਾ ਹੈ । ਸੁਣਿ ਸੁਣੇ—ਸੁਣਿ ਸੁਣਿ ।

ਅਰਥ:- (ਹੇ ਪ੍ਰਭੂ!) ਜੇ ਤੇਰੇ (ਪਿਆਰ ਦੇ) ਰੰਗ ਵਿਚ ਰੰਗੇ ਜਾਈਏ ਤਾਂ, ਮਾਨੋ, ਸਾਰੇ ਖ਼ਜ਼ਾਨੇ ਮਿਲ ਜਾਂਦੇ ਹਨ; ਤੈਨੂੰ ਸਿਮਰਦਿਆਂ (ਕਿਸੇ ਗੱਲੇ) ਪਛੁਤਾਉਣਾ ਨਹੀਂ ਪੈਂਦਾ (ਭਾਵ, ਕੋਈ ਐਸਾ ਮੰਦਾ ਕੰਮ ਨਹੀਂ ਕਰ ਸਕੀਦਾ ਜਿਸ ਕਰਕੇ ਪਛਤਾਉਣਾ ਪਏ) ਜਿਨ੍ਹਾਂ ਸੇਵਕਾਂ ਨੂੰ ਤੇਰਾ ਆਸਰਾ ਹੁੰਦਾ ਹੈ ਉਹਨਾਂ ਦੀ ਬਰਾਬਰੀ ਕੋਈ ਨਹੀਂ ਕਰ ਸਕਦਾ, ਪਰ, ਹੇ ਮਨ! ਪੂਰੇ ਗੁਰੂ ਨੂੰ ਸ਼ਾਬਾਸ਼ੇ (ਆਖ, ਜਿਸ ਦੀ ਰਾਹੀਂ 'ਨਾਮ') ਚਿਤਾਰ ਕੇ ਸੁਖ ਮਿਲਦਾ ਹੈ, ਸਿਫ਼ਤਿ-ਸਾਲਾਹ ਦਾ ਖ਼ਜ਼ਾਨਾ ਸਤਿਗੁਰੂ ਦੇ ਪਾਸ ਹੀ ਹੈ, ਮਿਲਦਾ ਹੈ ਪਰਮਾਤਮਾ ਦੀ ਕਿਰਪਾ ਨਾਲ; ਜੇ ਸਤਿਗੁਰੂ ਮੇਹਰ ਦੀ ਨਜ਼ਰ ਨਾਲ ਤੱਕੇ ਤਾਂ ਮੁੜ ਮੁੜ ਨਹੀਂ ਭਟਕੀਦਾ ।

ਦਇਆ ਦਾ ਘਰ ਪ੍ਰਭੂ ਆਪ ਆਪਣੇ ਸੇਵਕ ਬਣਾ ਕੇ (ਇਸ ਭਟਕਣਾ ਤੋਂ) ਬਚਾਂਦਾ ਹੈ; ਮੈਂ ਭੀ ਉਸੇ ਪ੍ਰਭੂ ਦਾ ਨਾਮ ਸੁਣ ਸੁਣ ਕੇ ਜੀਉ ਰਿਹਾ ਹਾਂ ।੭।

ਸਲੋਕ ਮਃ ੫ ॥ ਪ੍ਰੇਮ ਪਟੋਲਾ ਤੈ ਸਹਿ ਦਿਤਾ ਢਕਣ ਕੂ ਪਤਿ ਮੇਰੀ ॥ ਦਾਨਾ ਬੀਨਾ ਸਾਈ ਮੈਡਾ ਨਾਨਕ ਸਾਰ ਨ ਜਾਣਾ ਤੇਰੀ ॥੧॥ {ਪੰਨਾ 520}

ਪਦਅਰਥ:- ਪਟੋਲਾ—ਪੱਟ ਦਾ ਕੱਪੜਾ । ਪ੍ਰੇਮ ਪਟੋਲਾ—'ਪ੍ਰੇਮ' ਦਾ ਰੇਸ਼ਮੀ ਕੱਪੜਾ । ਤੈ ਸਹਿ—ਤੂੰ ਖਸਮ ਨੇ । ਮੈਡਾ—ਮੇਰਾ । ਸਾਰ—ਕਦਰ ।

ਅਰਥ:- ਮੇਰੀ ਨਾਨਕ ਦੀ ਇੱਜ਼ਤ ਢਕ ਰੱਖਣ ਲਈ (ਹੇ ਪ੍ਰਭੂ!) ਤੈਂ ਖਸਮ ਨੇ ਮੈਨੂੰ ਆਪਣਾ 'ਪਿਆਰ'-ਰੂਪ ਰੇਸ਼ਮੀ ਕੱਪੜਾ ਦਿੱਤਾ ਹੈ, ਤੂੰ ਮੇਰਾ ਖਸਮ (ਮੇਰੇ ਦਿਲ ਦੀ) ਜਾਣਨ ਵਾਲਾ ਹੈਂ, ਮੈਂ ਤੇਰੀ ਕਦਰ ਨਹੀਂ ਜਾਤੀ ।੧।

ਮਃ ੫ ॥ ਤੈਡੈ ਸਿਮਰਣਿ ਹਭੁ ਕਿਛੁ ਲਧਮੁ ਬਿਖਮੁ ਨ ਡਿਠਮੁ ਕੋਈ ॥ ਜਿਸੁ ਪਤਿ ਰਖੈ ਸਚਾ ਸਾਹਿਬੁ ਨਾਨਕ ਮੇਟਿ ਨ ਸਕੈ ਕੋਈ ॥੨॥ {ਪੰਨਾ 520}

ਪਦਅਰਥ:- ਤੈਡੈ ਸਿਮਰਣਿ—ਤੇਰੇ ਸਿਮਰਨ ਨਾਲ । ਹਭੁ ਕਿਛੁ—ਸਭ ਕੁਝ, ਹਰੇਕ ਚੀਜ਼ । ਕੋਈ ਬਿਖਮੁ—ਕੋਈ ਔਖ । ਜਿਸੁ—ਜਿਸ ਦੀ ।

ਅਰਥ:- (ਹੇ ਪ੍ਰਭੂ!) ਤੇਰੇ ਸਿਮਰਨ (ਦੀ ਬਰਕਤਿ) ਨਾਲ ਮੈਂ (ਮਾਨੋ) ਹਰੇਕ ਪਦਾਰਥ ਲੱਭ ਲਿਆ ਹੈ, (ਤੇ ਜ਼ਿੰਦਗੀ ਵਿਚ) ਕੋਈ ਔਖਿਆਈ ਨਹੀਂ ਵੇਖੀ । ਹੇ ਨਾਨਕ! ਜਿਸ ਮਨੁੱਖ ਦੀ ਇੱਜ਼ਤ ਮਾਲਕ ਆਪ ਰੱਖੇ, (ਉਸ ਦੀ ਇੱਜ਼ਤ ਨੂੰ ਹੋਰ) ਕੋਈ ਨਹੀਂ ਮਿਟਾ ਸਕਦਾ ।੨।

ਪਉੜੀ ॥ ਹੋਵੈ ਸੁਖੁ ਘਣਾ ਦਯਿ ਧਿਆਇਐ ॥ ਵੰਞੈ ਰੋਗਾ ਘਾਣਿ ਹਰਿ ਗੁਣ ਗਾਇਐ ॥ ਅੰਦਰਿ ਵਰਤੈ ਠਾਢਿ ਪ੍ਰਭਿ ਚਿਤਿ ਆਇਐ ॥ ਪੂਰਨ ਹੋਵੈ ਆਸ ਨਾਇ ਮੰਨਿ ਵਸਾਇਐ ॥ ਕੋਇ ਨ ਲਗੈ ਬਿਘਨੁ ਆਪੁ ਗਵਾਇਐ ॥ ਗਿਆਨ ਪਦਾਰਥੁ ਮਤਿ ਗੁਰ ਤੇ ਪਾਇਐ ॥ ਤਿਨਿ ਪਾਏ ਸਭੇ ਥੋਕ ਜਿਸੁ ਆਪਿ ਦਿਵਾਇਐ ॥ ਤੂੰ ਸਭਨਾ ਕਾ ਖਸਮੁ ਸਭ ਤੇਰੀ ਛਾਇਐ ॥੮॥ {ਪੰਨਾ 520}

ਪਦਅਰਥ:- ਦਯੁ—ਪਿਆਰਾ (ਪ੍ਰਭੂ) । ਦਯਿ ਧਿਆਇਐ—{ਵਿਆਕਰਣ ਅਨੁਸਾਰ ਇਹ ਦੋਵੇਂ ਲਫ਼ਜ਼ 'ਅਧਿਕਰਣ ਕਾਰਕ' ਇਕ-ਵਚਨ, ਹਨ; 'ਵਾਕੰਸ਼' (Phrase) ਨੂੰ ਅੰਗਰੇਜ਼ੀ ਵਿਚ Locative Absolute ਆਖਦੇ ਹਨ, ਤੇ ਪੰਜਾਬੀ ਵਿਚ 'ਪੂਰਬ ਪੂਰਨ ਕਾਰਦੰਤਕ'} ਜੇ ਪਿਆਰਾ ਪ੍ਰਭੂ ਸਿਮਰਿਆ ਜਾਏ ।

{ਨੋਟ:- ਇਸ ਪਉੜੀ ਵਿਚ ਹੇਠ-ਲਿਖੇ ਸਾਰੇ 'ਵਾਕੰਸ਼' 'ਪੂਰਬ ਪੂਰਨ ਕਾਰਦੰਤਕ' ਵਿਚ ਹੀ ਹਨ:- ਗੁਣ ਗਾਇਐ, ਪ੍ਰਭਿ ਆਇਐ ਨਾਇ ਵਸਾਇਐ, ਆਪੁ ਗਵਾਇਐ, ਗੁਰ ਤੇ ਪਾਇਐ । ਹੇਠ-ਲਿਖੇ ਲਫ਼ਜ਼ਾਂ ਦਾ ਪਰਸਪਰ ਫ਼ਰਕ ਚੇਤੇ ਰਹਿਣਾ ਚਾਹੀਦਾ ਹੈ:- ਧਿਆਇਐ, ਧਿਆਈਐ; ਗਾਇਐ, ਗਾਈਐ; ਆਇਐ, ਆਈਐ; ਵਸਾਇਐ, ਵਸਾਈਐ; ਗਵਾਇਐ, ਗਵਾਈਐ; ਪਾਇਐ, ਪਾਈਐ । ਧਿਆਇਐ—ਜੇ ਸਿਮਰੀਏ । ਧਿਆਈਐ—ਸਿਮਰਨਾ ਚਾਹੀਦਾ ਹੈ । ਗਾਇਐ—ਜੇ ਗਾਵੀਏ । ਗਾਈਐ—ਗਾਉਣਾ ਚਾਹੀਦਾ ਹੈ} । ਵੰਞੈ—ਨਾਸ ਹੋ ਜਾਂਦਾ ਹੈ । ਠਾਢਿ—ਠੰਢ, ਸ਼ਾਂਤੀ । ਚਿਤਿ—ਚਿਤ ਵਿਚ । ਮੰਨਿ—ਮਨ ਵਿਚ । ਨਾਇ—{ਇਹ ਲਫ਼ਜ਼ 'ਨਾਉ' ਤੋਂ 'ਅਧਿਕਰਣ ਕਾਰਕ, ਇਕ-ਵਚਨ' ਹੈ} ਆਪੁ—ਆਪਾ ਭਾਵ । ਤਿਨਿ—ਉਸ ਮਨੁੱਖ ਨੇ । ਛਾਇਐ—ਛਾਂ ਹੇਠ, ਸਾਏ ਵਿਚ ।

ਅਰਥ:- ਜੇ ਪਿਆਰੇ ਪ੍ਰਭੂ ਨੂੰ ਸਿਮਰੀਏ ਤਾਂ ਬਹੁਤ ਹੀ ਸੁਖ ਹੁੰਦਾ ਹੈ, ਜੇ ਹਰੀ ਦੇ ਗੁਣ ਗਾਵੀਏ ਤਾਂ ਰੋਗਾਂ ਦੇ ਘਾਣ (ਭਾਵ, ਸਾਰੇ ਹੀ ਰੋਗ) ਨਾਸ ਹੋ ਜਾਂਦੇ ਹਨ, ਜੇ ਪ੍ਰਭੂ ਚਿਤ ਵਿਚ ਆ ਵੱਸੇ ਤਾਂ ਚਿਤ ਵਿਚ ਠੰਢ ਪੈ ਜਾਂਦੀ ਹੈ, ਜੇ ਪ੍ਰਭੂ ਦਾ ਨਾਮ ਮਨ ਵਿਚ ਵੱਸ ਪਏ, ਤਾਂ ਆਸ ਪੂਰੀ ਹੋ ਜਾਂਦੀ ਹੈ (ਭਾਵ, ਆਸਾ ਤ੍ਰਿਸਨਾ ਆਦਿਕ ਮਿਟ ਜਾਂਦੀ ਹੈ), ਜੇ ਆਪਾ ਭਾਵ ਗਵਾ ਦੇਈਏ ਤਾਂ (ਜ਼ਿੰਦਗੀ ਦੇ ਰਾਹ ਵਿਚ) ਕੋਈ ਔਕੜ ਨਹੀਂ ਆਉਂਦੀ; ਜੇ ਸਤਿਗੁਰੂ ਤੋਂ ਮੱਤ ਹਾਸਲ ਕਰੀਏ ਤਾਂ (ਪ੍ਰਭੂ ਦੇ) ਗਿਆਨ ਦਾ ਖ਼ਜ਼ਾਨਾ (ਮਿਲ ਜਾਂਦਾ ਹੈ), ਪਰ, ਇਹ ਸਾਰੇ ਪਦਾਰਥ ਉਸ ਮਨੁੱਖ ਨੇ ਪਰਾਪਤ ਕੀਤੇ ਜਿਸ ਨੂੰ ਪ੍ਰਭੂ ਨੇ ਆਪ (ਗੁਰੂ ਦੀ ਰਾਹੀਂ) ਦਿਵਾਏ ਹਨ ।

(ਹੇ ਪ੍ਰਭੂ!) ਤੂੰ ਸਭ ਜੀਵਾਂ ਦਾ ਖਸਮ ਹੈਂ, ਸਾਰੀ ਸ੍ਰਿਸ਼ਟੀ ਤੇਰੇ ਸਾਏ ਹੇਠ ਹੈ ।੮।

ਸਲੋਕ ਮਃ ੫ ॥ ਨਦੀ ਤਰੰਦੜੀ ਮੈਡਾ ਖੋਜੁ ਨ ਖੁੰਭੈ ਮੰਝਿ ਮੁਹਬਤਿ ਤੇਰੀ ॥ ਤਉ ਸਹ ਚਰਣੀ ਮੈਡਾ ਹੀਅੜਾ ਸੀਤਮੁ ਹਰਿ ਨਾਨਕ ਤੁਲਹਾ ਬੇੜੀ ॥੧॥ {ਪੰਨਾ 520}

ਪਦਅਰਥ:- ਖੋਜੁ—ਪੈਰ । ਖੁੰਭੈ—ਖੁੱਭਦਾ । ਮੰਝਿ—ਮੇਰੇ ਅੰਦਰ । ਸਹ—ਹੇ ਪਤੀ (ਪ੍ਰਭੂ)! ਤਉ

ਚਰਣੀ—ਤੇਰੇ ਚਰਨਾਂ ਵਿਚ । ਹੀਅੜਾ—ਨਿਮਾਣਾ ਜਿਹਾ ਦਿਲ । ਸੀਤਮੁ—ਮੈਂ ਸਿਊਂ ਲਿਆ ਹੈ । ਤੁਲਹਾ—ਤੁਲ੍ਹਾ, ਲੱਕੜਾਂ ਦਾ ਬੱਧਾ ਹੋਇਆ ਗੱਠਾ ਜੋ ਦਰਿਆ ਦੇ ਕੰਢੇ ਤੇ ਵੱਸਣ ਵਾਲੇ ਮਨੁੱਖ ਦਰਿਆ ਪਾਰ ਕਰਨ ਲਈ ਵਰਤਦੇ ਹਨ ।

ਅਰਥ:- (ਸੰਸਾਰ-) ਨਦੀ ਵਿਚ ਤਰਦੀ ਦਾ ਮੇਰਾ ਪੈਰ (ਮੋਹ ਦੇ ਚਿੱਕੜ ਵਿਚ) ਨਹੀਂ ਖੁੱਭਦਾ, ਕਿਉਂਕਿ ਮੇਰੇ ਹਿਰਦੇ ਵਿਚ ਤੇਰੀ ਪ੍ਰੀਤਿ ਹੈ । ਹੇ ਪਤੀ (ਪ੍ਰਭੂ)! ਮੈਂ ਆਪਣਾ ਇਹ ਨਿਮਾਣਾ ਜਿਹਾ ਦਿਲ ਤੇਰੇ ਚਰਨਾਂ ਵਿਚ ਪ੍ਰੋ ਲਿਆ ਹੈ, ਹੇ ਹਰੀ! (ਸੰਸਾਰ-ਸਮੁੰਦਰ ਵਿਚੋਂ ਤਰਨ ਲਈ, ਤੂੰ ਹੀ) ਨਾਨਕ ਦਾ ਤੁਲ੍ਹਾ ਹੈਂ ਤੇ ਬੇੜੀ ਹੈਂ ।੧।

ਮਃ ੫ ॥ ਜਿਨ੍ਹਾ ਦਿਸੰਦੜਿਆ ਦੁਰਮਤਿ ਵੰਞੈ ਮਿਤ੍ਰ ਅਸਾਡੜੇ ਸੇਈ ॥ ਹਉ ਢੂਢੇਦੀ ਜਗੁ ਸਬਾਇਆ ਜਨ ਨਾਨਕ ਵਿਰਲੇ ਕੇਈ ॥੨॥

ਅਰਥ:- ਸਾਡੇ (ਅਸਲ) ਮਿੱਤਰ ਉਹੀ ਮਨੁੱਖ ਹਨ ਜਿਨ੍ਹਾਂ ਦਾ ਦੀਦਾਰ ਹੋਇਆਂ ਭੈੜੀ ਮੱਤ ਦੂਰ ਹੋ ਜਾਂਦੀ ਹੈ, ਪਰ, ਹੇ ਦਾਸ ਨਾਨਕ! ਮੈਂ ਸਾਰਾ ਜਗਤ ਭਾਲ ਵੇਖਿਆ ਹੈ, ਕੋਈ ਵਿਰਲੇ (ਅਜੇਹੇ ਮਨੁੱਖ ਮਿਲਦੇ ਹਨ) ।੨।

ਪਉੜੀ ॥ ਆਵੈ ਸਾਹਿਬੁ ਚਿਤਿ ਤੇਰਿਆ ਭਗਤਾ ਡਿਠਿਆ ॥ ਮਨ ਕੀ ਕਟੀਐ ਮੈਲੁ ਸਾਧਸੰਗਿ ਵੁਠਿਆ ॥ ਜਨਮ ਮਰਣ ਭਉ ਕਟੀਐ ਜਨ ਕਾ ਸਬਦੁ ਜਪਿ ॥ ਬੰਧਨ ਖੋਲਨ੍ਹਿ ਸੰਤ ਦੂਤ ਸਭਿ ਜਾਹਿ ਛਪਿ ॥ ਤਿਸੁ ਸਿਉ ਲਾਇਨ੍ਹਿ ਰੰਗੁ ਜਿਸ ਦੀ ਸਭ ਧਾਰੀਆ ॥ ਊਚੀ ਹੂੰ ਊਚਾ ਥਾਨੁ ਅਗਮ ਅਪਾਰੀਆ ॥ ਰੈਣਿ ਦਿਨਸੁ ਕਰ ਜੋੜਿ ਸਾਸਿ ਸਾਸਿ ਧਿਆਈਐ ॥ ਜਾ ਆਪੇ ਹੋਇ ਦਇਆਲੁ ਤਾਂ ਭਗਤ ਸੰਗੁ ਪਾਈਐ ॥੯॥ {ਪੰਨਾ 520}

ਪਦਅਰਥ:- ਚਿਤਿ—ਚਿਤ ਵਿਚ । ਵੁਠਿਆ—ਅੱਪੜਿਆਂ । ਸਬਦੁ—ਸਿਫ਼ਤਿ-ਸਾਲਾਹ ਦੀ ਬਾਣੀ । ਖੋਲਨ੍ਹਿ, ਲਾਇਨ੍ਹਿ—(ਅੱਖਰ 'ਨ' ਦੇ ਨਾਲ ਅੱਧਾ 'ਹ' ਹੈ) । ਸਭ—ਸਾਰੀ ਸ੍ਰਿਸ਼ਟੀ । ਧਾਰੀਆ—ਟਿਕਾ ਕੇ ਰੱਖੀ ਹੋਈ ਹੈ । ਅਗਮ—ਅਪਹੁੰਚ । ਰੈਣਿ—ਰਾਤ । ਕਰ—ਹੱਥ । ਧਿਆਈਐ—ਸਿਮਰਨਾ ਚਾਹੀਦਾ ਹੈ (ਨੋਟ:- ਪਿਛਲੀ ਪਉੜੀ ਦੀ ਪਹਿਲੀ ਤੁਕ ਵਿਚ ਵੇਖੋ ਲਫ਼ਜ਼ 'ਧਿਆਇਐ') ।

ਅਰਥ:- (ਹੇ ਪ੍ਰਭੂ!) ਤੇਰੇ ਭਗਤਾਂ ਦਾ ਦਰਸ਼ਨ ਕੀਤਿਆਂ ਤੂੰ ਮਾਲਕ ਅਸਾਡੇ ਮਨ ਵਿਚ ਆ ਵੱਸਦਾ ਹੈਂ, ਸਾਧ ਸੰਗਤਿ ਵਿਚ ਅੱਪੜਿਆਂ ਮਨ ਦੀ ਮੈਲ ਕੱਟੀ ਜਾਂਦੀ ਹੈ, (ਸਾਧ ਸੰਗਤਿ ਵਿਚ ਰਹਿ ਕੇ) ਸਿਫ਼ਤਿ-ਸਾਲਾਹ ਦੀ ਬਾਣੀ ਪੜ੍ਹਿਆਂ ਸੇਵਕ ਦਾ ਜਨਮ ਮਰਨ ਦਾ (ਭਾਵ, ਸਾਰੀ ਉਮਰ ਦਾ) ਡਰ ਕੱਟਿਆ ਜਾਂਦਾ ਹੈ, ਕਿਉਂਕਿ ਸੰਤ (ਜਿਸ ਮਨੁੱਖ ਦੇ ਮਾਇਆ ਵਾਲੇ) ਬੰਧਨ ਖੋਲ੍ਹਦੇ ਹਨ (ਉਸ ਦੇ ਵਿਕਾਰ ਰੂਪ) ਸਾਰੇ ਜਿੰਨ ਭੂਤ ਲੁਕ ਜਾਂਦੇ ਹਨ ।

ਇਹ ਸਾਰੀ ਸ੍ਰਿਸ਼ਟੀ ਜਿਸ ਪ੍ਰਭੂ ਦੀ ਟਿਕਾਈ ਹੋਈ ਹੈ, ਜਿਸ ਦਾ ਅਸਥਾਨ ਸਭ ਤੋਂ ਉੱਚਾ ਹੈ, ਜੋ ਅਪਹੁੰਚ ਤੇ ਬੇਅੰਤ ਹੈ, ਸੰਤ ਉਸ ਪਰਮਾਤਮਾ ਨਾਲ (ਅਸਾਡਾ) ਪਿਆਰ ਜੋੜ ਦੇਂਦੇ ਹਨ ।

(ਹੇ ਭਾਈ!) ਦਿਨ ਰਾਤਿ ਸੁਆਸ ਸੁਆਸ ਹੱਥ ਜੋੜ ਕੇ ਪ੍ਰਭੂ ਦਾ ਸਿਮਰਨ ਕਰਨਾ ਚਾਹੀਦਾ ਹੈ, ਜਦੋਂ ਪ੍ਰਭੂ ਆਪ ਹੀ ਦਿਆਲ ਹੁੰਦਾ ਹੈ ਤਾਂ ਉਸ ਦੇ ਭਗਤਾਂ ਦੀ ਸੰਗਤਿ ਪ੍ਰਾਪਤ ਹੁੰਦੀ ਹੈ ।੯।

ਸਲੋਕ ਮਃ ੫ ॥ ਬਾਰਿ ਵਿਡਾਨੜੈ ਹੁੰਮਸ ਧੁੰਮਸ ਕੂਕਾ ਪਈਆ ਰਾਹੀ ॥ ਤਉ ਸਹ ਸੇਤੀ ਲਗੜੀ ਡੋਰੀ ਨਾਨਕ ਅਨਦ ਸੇਤੀ ਬਨੁ ਗਾਹੀ ॥੧॥ {ਪੰਨਾ 520}

ਪਦਅਰਥ:- ਬਾਰਿ ਵਿਡਾਨੜੈ—ਬਿਗਾਨੀ ਜੂਹ ਵਿਚ, ਸੰਸਾਰ-ਰੂਪ ਬਿਗਾਨੀ ਜੂਹ ਵਿਚ ਜਿਥੇ ਹਰੇਕ ਜੀਵ ਥੋੜ੍ਹੇ ਜਿਹੇ ਸਮੇ ਲਈ ਮੁਸਾਫ਼ਿਰ ਬਣ ਕੇ ਆਇਆ ਹੈ । ਹੁੰਮਸ—{ਸੰ: 'ਹੁਤ-ਵਹ'—ਅੱਗ, ਪ੍ਰ: 'ਹੁਅ-ਵਹ', 'ਹੁੱਵਹ'; ਪੰ: 'ਹੁੰਮੁ'} ਅੱਗ ਦਾ ਸੇਕ । ਕੂਕਾ—ਵਾਹਰਾਂ, ਦੁਹਾਈ । ਸਹ—ਹੇ ਸ਼ਹੁ! ਤਉ ਸੇਤੀ—ਤੇਰੇ ਨਾਲ । ਬਨੁ ਗਾਹੀ—ਮੈਂ (ਸੰਸਾਰ) ਜੰਗਲ ਗਾਹ ਰਿਹਾ ਹਾਂ ।

ਅਰਥ:- (ਜਗਤ-ਰੂਪ ਇਸ) ਬਿਗਾਨੀ ਜੂਹ ਵਿਚ (ਫਸ ਜਾਣ ਕਰਕੇ, ਤੇ ਤ੍ਰਿਸ਼ਨਾ ਦੀ) ਅੱਗ ਦੇ ਬੜੇ ਸੇਕ ਦੇ ਕਾਰਨ ਰਾਹਾਂ ਵਿਚ ਵਾਹਰਾਂ ਪੈ ਰਹੀਆਂ ਹਨ (ਭਾਵ, ਜੀਵ ਘਬਰਾਏ ਹੋਏ ਹਨ) ਪਰ, ਹੇ ਪਤੀ (ਪ੍ਰਭੂ)! ਮੈਂ ਨਾਨਕ (ਦੇ ਚਿੱਤ) ਦੀ ਡੋਰ ਤੇਰੇ (ਚਰਨਾਂ) ਨਾਲ ਲੱਗੀ ਹੋਈ ਹੈ, (ਇਸ ਵਾਸਤੇ) ਮੈਂ ਆਨੰਦ ਨਾਲ (ਇਸ ਸੰਸਾਰ) ਜੰਗਲ ਵਿਚੋਂ ਦੀ ਲੰਘ ਰਿਹਾ ਹਾਂ ।੧।

ਮਃ ੫ ॥ ਸਚੀ ਬੈਸਕ ਤਿਨ੍ਹਾ ਸੰਗਿ ਜਿਨ ਸੰਗਿ ਜਪੀਐ ਨਾਉ ॥ ਤਿਨ੍ਹ ਸੰਗਿ ਸੰਗੁ ਨ ਕੀਚਈ ਨਾਨਕ ਜਿਨਾ ਆਪਣਾ ਸੁਆਉ ॥੨॥ {ਪੰਨਾ 520}

ਪਦਅਰਥ:- ਸਚੀ—ਸਦਾ ਕਾਇਮ ਰਹਿਣ ਵਾਲੀ, ਤੋੜ ਨਿਭਣ ਵਾਲੀ । ਬੈਸਕ—ਬੈਠਕ । ਸੰਗਿ—ਨਾਲ । ਸੰਗੁ—ਸਾਥ । ਸੁਆਉ—ਸੁਆਰਥ, ਗ਼ਰਜ਼ ।

ਅਰਥ:- ਉਹਨਾਂ ਮਨੁੱਖਾਂ ਨਾਲ ਤੋੜ ਨਿਭਣ ਵਾਲੀ ਮੁਹੱਬਤ (ਕਰਨੀ ਚਾਹੀਦੀ ਹੈ) ਜਿਨ੍ਹਾਂ ਨਾਲ (ਬੈਠਿਆਂ ਪਰਮਾਤਮਾ ਦਾ) ਨਾਮ ਸਿਮਰਿਆ ਜਾ ਸਕੇ; ਹੇ ਨਾਨਕ! ਜਿਨ੍ਹਾਂ ਨੂੰ (ਹਰ ਵੇਲੇ) ਆਪਣੀ ਹੀ ਗ਼ਰਜ਼ ਹੋਵੇ, ਉਹਨਾਂ ਨਾਲ ਸਾਥ ਨਹੀਂ ਕਰਨਾ ਚਾਹੀਦਾ ।੨।

ਪਉੜੀ ॥ ਸਾ ਵੇਲਾ ਪਰਵਾਣੁ ਜਿਤੁ ਸਤਿਗੁਰੁ ਭੇਟਿਆ ॥ ਹੋਆ ਸਾਧੂ ਸੰਗੁ ਫਿਰਿ ਦੂਖ ਨ ਤੇਟਿਆ ॥ ਪਾਇਆ ਨਿਹਚਲੁ ਥਾਨੁ ਫਿਰਿ ਗਰਭਿ ਨ ਲੇਟਿਆ ॥ ਨਦਰੀ ਆਇਆ ਇਕੁ ਸਗਲ ਬ੍ਰਹਮੇਟਿਆ ॥ ਤਤੁ ਗਿਆਨੁ ਲਾਇ ਧਿਆਨੁ ਦ੍ਰਿਸਟਿ ਸਮੇਟਿਆ ॥ ਸਭੋ ਜਪੀਐ ਜਾਪੁ ਜਿ ਮੁਖਹੁ ਬੋਲੇਟਿਆ ॥ ਹੁਕਮੇ ਬੁਝਿ ਨਿਹਾਲੁ ਸੁਖਿ ਸੁਖੇਟਿਆ ॥ ਪਰਖਿ ਖਜਾਨੈ ਪਾਏ ਸੇ ਬਹੁੜਿ ਨ ਖੋਟਿਆ ॥੧੦॥ {ਪੰਨਾ 520}

ਪਦਅਰਥ:- ਪਰਵਾਣੁ—ਕਬੂਲ, ਥਾਂਇ ਪੈਂਦੀ ਹੈ । ਜਿਤੁ—ਜਿਸ ਵੇਲੇ । ਭੇਟਿਆ—ਮਿਲਿਆ । ਤੇਟਿਆ—ਤੇਟ ਵਿਚ, ਜ਼ਦ ਵਿਚ, ਤ੍ਰੁੱਟੇ । ਗਰਭਿ—ਗਰਭ ਵਿਚ, ਜੂਨ ਵਿਚ । ਸਗਲ—ਹਰ ਥਾਂ । ਤਤੁ—ਨਿਚੋੜ । ਜਿ—ਜੋ ਕੁਝ । ਸੁਖਿ ਸੁਖੇਟਿਆ—ਸੁਖੀ ਹੀ ਸੁਖੀ ।

ਅਰਥ:- ਉਹ ਘੜੀ ਥਾਂ ਪਈ ਜਾਣੋ ਜਿਸ ਘੜੀ ਮਨੁੱਖ ਨੂੰ ਸਤਿਗੁਰੂ ਮਿਲ ਪਿਆ; ਜਿਸ ਮਨੁੱਖ ਨੂੰ ਗੁਰੂ ਦਾ ਮੇਲ ਹੋ ਗਿਆ, ਉਹ ਮੁੜ ਦੁੱਖਾਂ ਦੀ ਜ਼ਦ ਵਿਚ ਨਹੀਂ ਆਉਂਦਾ, (ਗੁਰੂ ਮਿਲਿਆਂ) ਜਿਸ ਨੂੰ ਪੱਕਾ ਟਿਕਾਣਾ ਲੱਭ ਪਿਆ, ਉਹ ਫਿਰ (ਹੋਰ ਹੋਰ) ਜੂਨਾਂ ਵਿਚ ਨਹੀਂ ਪੈਂਦਾ, ਉਸ ਨੂੰ ਹਰ ਥਾਂ ਇਕ ਬ੍ਰਹਮ ਹੀ ਦਿੱਸਦਾ ਹੈ; (ਬਾਹਰ ਵਲੋਂ ਆਪਣੀ) ਨਜ਼ਰ ਨੂੰ ਸਮੇਟ ਕੇ, (ਪ੍ਰਭੂ ਵਿਚ) ਧਿਆਨ ਲਾ ਕੇ ਉਹ ਅਸਲ ਉੱਚੀ ਸਮਝ ਹਾਸਲ ਕਰ ਲੈਂਦਾ ਹੈ; ਉਹ ਜੋ ਕੁਝ ਮੂੰਹੋਂ ਬੋਲਦਾ ਹੈ (ਪ੍ਰਭੂ ਦੀ ਸਿਫ਼ਤਿ-ਸਾਲਾਹ

ਦਾ) ਜਾਪ ਹੀ ਬੋਲਦਾ ਹੈ, ਪ੍ਰਭੂ ਦੀ ਰਜ਼ਾ ਨੂੰ ਸਮਝ ਕੇ ਉਹ ਖਿੜੇ-ਮੱਥੇ ਰਹਿੰਦਾ ਹੈ ਤੇ ਸੁਖੀ ਹੀ ਸੁਖੀ ਰਹਿੰਦਾ ਹੈ ।

(ਗੁਰੂ ਦੀ ਸਰਨ ਪਏ ਜਿਨ੍ਹਾਂ ਮਨੁੱਖਾਂ ਨੂੰ) ਪਰਖ ਕੇ (ਪ੍ਰਭੂ ਨੇ ਆਪਣੇ) ਖ਼ਜ਼ਾਨੇ ਵਿਚ ਪਾਇਆ ਹੈ ਉਹ ਮੁੜ ਖੋਟੇ ਨਹੀਂ ਹੁੰਦੇ ।੧੦।

ਸਲੋਕੁ ਮਃ ੫ ॥ ਵਿਛੋਹੇ ਜੰਬੂਰ ਖਵੇ ਨ ਵੰਞਨਿ ਗਾਖੜੇ ॥ ਜੇ ਸੋ ਧਣੀ ਮਿਲੰਨਿ ਨਾਨਕ ਸੁਖ ਸੰਬੂਹ ਸਚੁ ॥੧॥ {ਪੰਨਾ 520}

ਪਦਅਰਥ:- ਵਿਛੋਹੇ—ਵਿਛੋੜੇ (ਦੇ ਦੁੱਖ) । ਜੰਬੂਰ—ਚਿਮਟੇ ਵਰਗਾ ਇਕ ਹਥਿਆਰ ਜਿਸ ਨਾਲ ਆਪਣੇ ਵੱਸ ਪਏ ਵੈਰੀਆਂ ਨੂੰ ਲੋਕ ਤਸੀਹੇ ਦਿਆ ਕਰਦੇ ਸਨ, ਜੰਬੂਰ ਨਾਲ ਬੋਟੀ ਬੋਟੀ ਕਰ ਕੇ ਪਿੰਡੇ ਦਾ ਮਾਸ ਤੋੜਿਆ ਜਾਂਦਾ ਸੀ । ਖਵੇ ਨ ਵੰਞਨਿ—ਸਹਾਰੇ ਨਹੀਂ ਜਾ ਸਕਦੇ । ਗਾਖੜੇ—ਔਖੇ । ਸੰਬੂਹ—ਸਾਰੇ ।

ਅਰਥ:- ਹੇ ਨਾਨਕ! (ਪ੍ਰਭੂ ਦੇ ਚਰਨਾਂ ਨਾਲੋਂ) ਵਿਛੋੜੇ (ਦੇ ਦੁੱਖ) ਜੰਬੂਰ (ਦੇ ਤਸੀਹਾਂ) ਵਾਂਗ ਔਖੇ ਹਨ, ਸਹਾਰੇ ਨਹੀਂ ਜਾ ਸਕਦੇ, ਜੇ ਉਹ ਪ੍ਰਭੂ ਮਾਲਕ ਜੀ ਮਿਲ ਪੈਣ ਤਾਂ ਯਕੀਨਨ ਸਾਰੇ ਸੁਖ ਹੀ ਸੁਖ ਹੋ ਜਾਂਦੇ ਹਨ ।੧।

ਮਃ ੫ ॥ ਜਿਮੀ ਵਸੰਦੀ ਪਾਣੀਐ ਈਧਣੁ ਰਖੈ ਭਾਹਿ ॥ ਨਾਨਕ ਸੋ ਸਹੁ ਆਹਿ ਜਾ ਕੈ ਆਢਲਿ ਹਭੁ ਕੋ ॥੨॥ {ਪੰਨਾ 521}

ਪਦਅਰਥ:- ਪਾਣੀਐ—ਪਾਣੀ ਵਿਚ । ਈਧਣੁ—ਬਾਲਣ, ਲੱਕੜ । ਭਾਹਿ—ਅੱਗ । ਆਹਿ—ਹੈ । ਆਢਲਿ—ਆਸਰੇ ਵਿਚ । ਹਭੁ ਕੋ—ਹਰੇਕ ਜੀਵ ।

ਅਰਥ:- ਹੇ ਨਾਨਕ! (ਜਿਵੇਂ) ਧਰਤੀ ਪਾਣੀ ਵਿਚ (ਅਡੋਲ) ਵੱਸਦੀ ਹੈ ਤੇ ਪਾਣੀ ਨੂੰ ਆਸਰਾ ਭੀ ਦੇਂਦੀ ਹੈ, (ਜਿਵੇਂ) ਲੱਕੜੀ (ਆਪਣੇ ਅੰਦਰ) ਅੱਗ (ਲੁਕਾ ਕੇ) ਰੱਖਦੀ ਹੈ, (ਤਿਵੇਂ) ਉਹ ਖਸਮ (ਪ੍ਰਭੂ) ਜਿਸ ਦੇ ਆਸਰੇ ਹਰੇਕ ਜੀਵ ਹੈ, (ਇਸ ਸਾਰੇ ਜਗਤ ਵਿਚ ਅਡੋਲ ਲੁਕਿਆ ਪਿਆ) ਹੈ ।੨।

ਪਉੜੀ ॥ ਤੇਰੇ ਕੀਤੇ ਕੰਮ ਤੁਧੈ ਹੀ ਗੋਚਰੇ ॥ ਸੋਈ ਵਰਤੈ ਜਗਿ ਜਿ ਕੀਆ ਤੁਧੁ ਧੁਰੇ ॥ ਬਿਸਮੁ ਭਏ ਬਿਸਮਾਦ ਦੇਖਿ ਕੁਦਰਤਿ ਤੇਰੀਆ ॥ ਸਰਣਿ ਪਰੇ ਤੇਰੀ ਦਾਸ ਕਰਿ ਗਤਿ ਹੋਇ ਮੇਰੀਆ ॥ ਤੇਰੈ ਹਥਿ ਨਿਧਾਨੁ ਭਾਵੈ ਤਿਸੁ ਦੇਹਿ ॥ ਜਿਸ ਨੋ ਹੋਇ ਦਇਆਲੁ ਹਰਿ ਨਾਮੁ ਸੇਇ ਲੇਹਿ ॥ ਅਗਮ ਅਗੋਚਰ ਬੇਅੰਤ ਅੰਤੁ ਨ ਪਾਈਐ ॥ ਜਿਸ ਨੋ ਹੋਹਿ ਕ੍ਰਿਪਾਲੁ ਸੁ ਨਾਮੁ ਧਿਆਈਐ ॥੧੧॥ {ਪੰਨਾ 521}

ਪਦਅਰਥ:- ਗੋਚਰੇ—ਪਹੁੰਚ ਵਿਚ, ਅਧੀਨ । ਜਗਿ—ਜਗਤ ਵਿਚ । ਜਿ—ਜੋ । ਕੀਆ—ਕਰ ਦਿੱਤਾ, ਹੁਕਮ ਦੇ ਦਿੱਤਾ । ਧੁਰੇ—ਧੁਰ ਤੋਂ । ਬਿਸਮੁ—ਹੈਰਾਨ, ਅਸਚਰਜ । ਦੇਖਿ—ਵੇਖ ਕੇ । ਗਤਿ—ਹਾਲਤ, ਉੱਚੀ ਆਤਮਕ ਅਵਸਥਾ, ਮੁਕਤੀ । ਹਥਿ—ਹੱਥ ਵਿਚ । ਨਿਧਾਨੁ—(ਨਾਮ ਦਾ) ਖ਼ਜ਼ਾਨਾ । ਦੇਹਿ—ਤੂੰ ਦੇਂਦਾ ਹੈਂ । ਹੋਇ—ਹੋ ਕੇ । ਸੇਇ—ਸੇਈ, ਉਹੀ ਮਨੁੱਖ । ਹੋਹਿ—ਤੂੰ ਹੁੰਦਾ ਹੈਂ ।

ਅਰਥ:- (ਹੇ ਪ੍ਰਭੂ!) ਜੋ ਜੋ ਕੰਮ ਤੂੰ ਕੀਤੇ ਹਨ ਇਹ ਤੂੰ ਹੀ ਕਰ ਸਕਦਾ ਹੈਂ, ਜਗਤ ਵਿਚ ਉਹੀ ਕੁਝ ਹੋ ਰਿਹਾ ਹੈ ਜੋ ਕਰਨ ਵਾਸਤੇ ਤੂੰ ਧੁਰ ਤੋਂ ਹੁਕਮ ਕਰ ਦਿੱਤਾ ਹੈ, ਤੇਰੀ ਕੁਦਰਤਿ ਵੇਖ ਵੇਖ ਕੇ ਅਸੀਂ ਹੈਰਾਨ ਹੋ ਰਹੇ ਹਾਂ ।

(ਤੇਰੇ) ਦਾਸ ਤੇਰਾ ਆਸਰਾ ਲੈਂਦੇ ਹਨ (ਮੈਂ ਭੀ ਤੇਰੀ ਸਰਨ ਆਇਆ ਹਾਂ, ਹੇ ਪ੍ਰਭੂ! ਮੇਹਰ) ਕਰ, ਮੇਰੀ ਭੀ ਆਤਮਕ ਅਵਸਥਾ ਉੱਚੀ ਹੋ ਜਾਏ, (ਤੇਰੇ ਨਾਮ ਦਾ) ਖ਼ਜ਼ਾਨਾ ਤੇਰੇ (ਆਪਣੇ) ਹੱਥ ਵਿਚ ਹੈ, ਜੋ ਤੈਨੂੰ ਚੰਗਾ ਲਗੇ ਉਸ ਨੂੰ ਤੂੰ (ਇਹ ਖ਼ਜ਼ਾਨਾ) ਦੇਂਦਾ ਹੈਂ, ਜਿਸ ਜਿਸ ਨੂੰ ਦਿਆਲ ਹੋ ਕੇ ਹਰਿ-ਨਾਮ (ਦੇਂਦਾ ਹੈਂ) ਉਹੀ ਜੀਵ ਤੇਰਾ ਨਾਮ-ਖ਼ਜ਼ਾਨਾ ਪ੍ਰਾਪਤ ਕਰਦੇ ਹਨ ।

ਹੇ ਅਪਹੁੰਚ! ਹੇ ਅਗੋਚਰ! ਹੇ ਬੇਅੰਤ ਪ੍ਰਭੂ! ਤੇਰਾ ਅੰਤ ਨਹੀਂ ਪਾਇਆ ਜਾ ਸਕਦਾ, ਤੂੰ ਜਿਸ ਮਨੁੱਖ ਉਤੇ ਤ੍ਰੁੱਠਦਾ ਹੈਂ ਉਹ ਤੇਰਾ ਨਾਮ ਸਿਮਰਦਾ ਹੈ ।੧੧।

ਸਲੋਕ ਮਃ ੫ ॥ ਕੜਛੀਆ ਫਿਰੰਨਿ੍ ਸੁਆਉ ਨ ਜਾਣਨਿ੍ ਸੁਞੀਆ ॥ ਸੇਈ ਮੁਖ ਦਿਸੰਨਿ੍ ਨਾਨਕ ਰਤੇ ਪ੍ਰੇਮ ਰਸਿ ॥੧॥ {ਪੰਨਾ 521}

ਪਦਅਰਥ:- ਫਿਰੰਨਿ੍, ਦਿਸੰਨਿ੍—(ਅੱਖਰ 'ਨ' ਦੇ ਨਾਲ ਅੱਧਾ 'ਹ' ਹੈ) । ਸੁਆਉ—ਸੁਆਦ । ਸੁਞੀਆ—ਖ਼ਾਲੀ । ਸੇਈ—ਉਹੀ । ਦਿਸੰਨਿ੍—ਦਿੱਸਦੇ ਹਨ । ਸੇਈ ਮੁਖ ਦਿਸੰਨਿ੍—ਉਹੀ ਮੂੰਹ ਸੋਹਣੇ ਦਿੱਸਦੇ ਹਨ, ਉਹੀ ਮੂੰਹ ਸੋਹਣੇ ਜਾਣੋ । ਪ੍ਰੇਮ ਰਸਿ—ਪ੍ਰਭੂ ਦੇ ਪਿਆਰ ਦੇ ਰਸ ਵਿਚ ।

ਅਰਥ:- ਹੇ ਨਾਨਕ! ਕੜਛੀਆਂ (ਦਾਲ ਭਾਜੀ ਦੇ ਭਾਂਡੇ ਵਿਚ) ਫਿਰਦੀਆਂ ਹਨ (ਪਰ ਉਹ ਉਸ ਦਾਲ ਭਾਜੀ) ਦਾ ਸੁਆਦ ਨਹੀਂ ਜਾਣਦੀਆਂ (ਕਿਉਂਕਿ ਉਹ) ਖ਼ਾਲੀ (ਹੀ ਰਹਿੰਦੀਆਂ) ਹਨ, (ਇਸੇ ਤਰ੍ਹਾਂ) ਉਹ ਮੂੰਹ (ਸੋਹਣੇ) ਦਿੱਸਦੇ ਹਨ ਜੋ ਪ੍ਰੇਮ ਦੇ ਸੁਆਦ ਵਿਚ ਰੰਗੇ ਗਏ ਹਨ (ਨਿਰੀਆਂ ਗੱਲਾਂ ਕਰਨ ਵਾਲੇ ਮੂੰਹ ਕੜਛੀਆਂ ਵਾਂਗ ਹੀ ਹਨ) ।੧।

ਮਃ ੫ ॥ ਖੋਜੀ ਲਧਮੁ ਖੋਜੁ ਛਡੀਆ ਉਜਾੜਿ ॥ ਤੈ ਸਹਿ ਦਿਤੀ ਵਾੜਿ ਨਾਨਕ ਖੇਤੁ ਨ ਛਿਜਈ ॥੨॥ {ਪੰਨਾ 521}

ਪਦਅਰਥ:- ਖੋਜੀ—ਖੋਜ ਲੱਭਣ ਵਾਲੇ (ਗੁਰੂ) ਦੀ ਰਾਹੀਂ । ਸਹਿ—ਸ਼ਹੁ ਨੇ । ਨ ਛਿਜਈ—ਨਾਸ ਨਹੀਂ ਹੁੰਦਾ, ਨਹੀਂ ਉਜੜਦਾ ।

ਅਰਥ:- (ਜਿਨ੍ਹਾਂ ਕਾਮਾਦਿਕਾਂ ਨੇ ਮੇਰੀ ਖੇਤੀ) ਉਜਾੜ ਦਿੱਤੀ ਸੀ ਉਹਨਾਂ ਦਾ ਖੋਜ ਮੈਂ ਖੋਜ ਲੱਭਣ ਵਾਲੇ (ਗੁਰੂ) ਦੀ ਰਾਹੀਂ ਲੱਭ ਲਿਆ ਹੈ, ਤੈਂ ਖਸਮ ਨੇ ਮੇਰੀ ਪੈਲੀ ਨੂੰ (ਗੁਰੂ ਦੀ ਸਹੈਤਾ ਦੀ) ਵਾੜ ਦੇ ਦਿੱਤੀ ਹੈ, ਹੁਣ ਨਾਨਕ ਦੀ ਪੈਲੀ ਨਹੀਂ ਉਜੜਦੀ ।੨।

ਪਉੜੀ ॥ ਆਰਾਧਿਹੁ ਸਚਾ ਸੋਇ ਸਭੁ ਕਿਛੁ ਜਿਸੁ ਪਾਸਿ ॥ ਦੁਹਾ ਸਿਰਿਆ ਖਸਮੁ ਆਪਿ ਖਿਨ ਮਹਿ ਕਰੇ ਰਾਸਿ ॥ ਤਿਆਗਹੁ ਸਗਲ ਉਪਾਵ ਤਿਸ ਕੀ ਓਟ ਗਹੁ ॥ ਪਉ ਸਰਣਾਈ ਭਜਿ ਸੁਖੀ ਹੂੰ ਸੁਖ ਲਹੁ ॥ ਕਰਮ ਧਰਮ ਤਤੁ ਗਿਆਨੁ ਸੰਤਾ ਸੰਗੁ ਹੋਇ ॥ ਜਪੀਐ ਅੰਮ੍ਰਿਤ ਨਾਮੁ ਬਿਘਨੁ ਨ ਲਗੈ ਕੋਇ ॥ ਜਿਸ ਨੋ ਆਪਿ ਦਇਆਲੁ ਤਿਸੁ ਮਨਿ ਵੁਠਿਆ ॥ ਪਾਈਅਨਿ੍ ਸਭਿ ਨਿਧਾਨ ਸਾਹਿਬਿ ਤੁਠਿਆ ॥੧੨॥ {ਪੰਨਾ 521}

ਪਦਅਰਥ:- ਦੁਹਾ ਸਿਰਿਆ—(ਕਾਮਾਦਿਕ ਵਿਕਾਰਾਂ ਦਾ ਚਸਕਾ ਤੇ ਪ੍ਰੇਮ-ਰਸ ਇਹਨਾਂ) ਦੋਹਾਂ ਪਾਸਿਆਂ ਦਾ । ਰਾਸਿ ਕਰੇ—ਸਿਰੇ ਚਾੜ੍ਹਦਾ ਹੈ, ਠੀਕ ਕਰ ਦੇਂਦਾ ਹੈ, ਨੇਪਰੇ ਚਾੜ੍ਹ ਦੇਂਦਾ ਹੈ । ਉਪਾਵ—ਹੀਲੇ । ਗਹੁ—ਫੜ । ਲਹੁ—ਲੈ । ਸਾਹਿਬਿ—(ਅਧਿਕਰਣ ਕਾਰਕ, ਇਕ-ਵਚਨ) । ਸਾਹਿਬਿ ਤੁਠਿਆ—(ਪੂਰਬ ਪੂਰਨ ਕਾਰਦੰਤਕ) ਜੇ ਸਾਹਿਬ ਤ੍ਰੁੱਠ ਪਏ ।

ਅਰਥ:- (ਹੇ ਭਾਈ!) ਉਸ ਸਦਾ-ਥਿਰ ਰਹਿਣ ਵਾਲੇ ਪ੍ਰਭੂ ਨੂੰ ਸਿਮਰੋ, ਜਿਸ ਦੇ ਵੱਸ ਵਿਚ ਹਰੇਕ ਪਦਾਰਥ ਹੈ ਜੋ (ਮਾਇਆ ਦੀ ਖਿੱਚ ਤੇ ਨਾਮ-ਰਸ) ਦੋਹਾਂ ਪਾਸਿਆਂ ਦਾ ਖਸਮ ਹੈ (ਭਾਵ, ਜੋ ਮਾਇਆ ਦੇ ਮੋਹ ਵਿਚ ਫਸਾਣ ਵਾਲਾ ਭੀ ਹੈ ਤੇ ਨਾਮ-ਰਸ ਦੀ ਦਾਤਿ ਭੀ ਦੇਣ ਵਾਲਾ ਹੈ), ਜੋ (ਜੀਵਾਂ ਦੇ ਕੰਮ) ਇਕ ਪਲਕ ਵਿਚ ਸਿਰੇ ਚਾੜ੍ਹ ਦੇਂਦਾ ਹੈ । (ਹੇ ਭਾਈ!) ਹੋਰ ਸਾਰੇ ਹੀਲੇ ਛੱਡੋ ਤੇ ਉਸ ਪਰਮਾਤਮਾ ਦਾ ਆਸਰਾ ਲਵੋ, ਦੌੜ ਕੇ ਉਸ ਪ੍ਰਭੂ ਦੀ ਸਰਨ ਪਉ ਤੇ ਸਭ ਤੋਂ ਚੰਗਾ ਸੁਖ ਹਾਸਲ ਕਰੋ ।

ਜੇ ਸੰਤਾਂ ਦੀ ਸੰਗਤਿ ਮਿਲੇ ਤਾਂ ਉਹ ਉੱਚੀ ਸਮਝ (ਪ੍ਰਾਪਤ) ਹੁੰਦੀ ਹੈ ਜੋ (ਮਾਨੋ,) ਸਭ ਕਰਮਾਂ ਧਰਮਾਂ ਦਾ ਨਿਚੋੜ ਹੈ, ਜੇ ਪ੍ਰਭੂ ਦਾ ਅੰਮ੍ਰਿਤ-ਨਾਮ ਸਿਮਰੀਏ ਤਾਂ (ਜੀਵਨ ਦੇ ਰਾਹ ਵਿਚ) ਕੋਈ ਰੁਕਾਵਟ ਨਹੀਂ ਪੈਂਦੀ । ਜਿਸ ਮਨੁੱਖ ਤੇ ਪ੍ਰਭੂ ਆਪ ਮੇਹਰਬਾਨ ਹੋਵੇ ਉਸ ਦੇ ਮਨ ਵਿਚ ਆ ਵੱਸਦਾ ਹੈ, ਪ੍ਰਭੂ-ਮਾਲਕ ਦੇ ਪ੍ਰਸੰਨ ਹੋਇਆਂ (ਮਾਨੋ) ਸਾਰੇ ਖ਼ਜ਼ਾਨੇ ਪਾ ਲਈਦੇ ਹਨ ।੧੨।

ਸਲੋਕ ਮਃ ੫ ॥ ਲਧਮੁ ਲਭਣਹਾਰੁ ਕਰਮੁ ਕਰੰਦੋ ਮਾ ਪਿਰੀ ॥ ਇਕੋ ਸਿਰਜਣਹਾਰੁ ਨਾਨਕ ਬਿਆ ਨ ਪਸੀਐ ॥੧॥ {ਪੰਨਾ 521}

ਪਦਅਰਥ:- ਲਭਣਹਾਰੁ—ਲੱਭਣ-ਜੋਗ ਪ੍ਰਭੂ । ਕਰਮੁ—ਬਖ਼ਸ਼ਸ਼ । ਮਾ ਪਿਰੀ—ਮੇਰੇ ਪਿਰ ਨੇ । ਪਸੀਐ—ਵੇਖੀਦਾ ਹੈ । ਬਿਆ—ਕੋਈ ਹੋਰ ।

ਅਰਥ:- ਜਦੋਂ ਮੇਰੇ ਪਿਆਰੇ ਖਸਮ ਨੇ (ਮੇਰੇ ਉੱਤੇ) ਬਖ਼ਸ਼ਸ਼ ਕੀਤੀ ਤਾਂ ਮੈਂ ਲੱਭਣ-ਜੋਗ ਪ੍ਰਭੂ ਨੂੰ ਲੱਭ ਲਿਆ, (ਹੁਣ) ਹੇ ਨਾਨਕ! ਇਕ ਕਰਤਾਰ ਹੀ (ਹਰ ਥਾਂ) ਦਿੱਸ ਰਿਹਾ ਹੈ, ਕੋਈ ਹੋਰ ਨਹੀਂ ਦਿੱਸਦਾ ।੧।

ਮਃ ੫ ॥ ਪਾਪੜਿਆ ਪਛਾੜਿ ਬਾਣੁ ਸਚਾਵਾ ਸੰਨ੍ਹਿ ਕੈ ॥ ਗੁਰ ਮੰਤ੍ਰੜਾ ਚਿਤਾਰਿ ਨਾਨਕ ਦੁਖੁ ਨ ਥੀਵਈ ॥੨॥ {ਪੰਨਾ 521}

ਪਦਅਰਥ:- ਪਾਪੜਿਆ—ਚੰਦਰੇ ਪਾਪਾਂ ਨੂੰ । ਪਛਾੜਿ—ਨਸਾ ਦੇ, ਦੂਰ ਕਰ । ਸਚਾਵਾ—ਸੱਚ ਦਾ । ਸੰਨ੍ਹਿ ਕੈ—ਤਾਣ ਕੇ । ਮੰਤ੍ਰੜਾ—ਸੋਹਣਾ ਮੰਤ੍ਰ । ਚਿਤਾਰਿ—ਚੇਤੇ ਕਰ ।

ਅਰਥ:- ਹੇ ਨਾਨਕ! ਸੱਚ (ਭਾਵ, ਸਿਮਰਨ) ਦਾ ਤੀਰ ਤਾਣ ਕੇ ਚੰਦਰੇ ਪਾਪਾਂ ਨੂੰ ਨਸਾ ਦੇ, ਸਤਿਗੁਰੂ ਦਾ ਸੋਹਣਾ ਮੰਤ੍ਰ ਚੇਤੇ ਕਰ, (ਇਸ ਤਰ੍ਹਾਂ) ਦੁੱਖ ਨਹੀਂ ਵਿਆਪਦਾ ।੨।

ਪਉੜੀ ॥ ਵਾਹੁ ਵਾਹੁ ਸਿਰਜਣਹਾਰ ਪਾਈਅਨੁ ਠਾਢਿ ਆਪਿ ॥ ਜੀਅ ਜੰਤ ਮਿਹਰਵਾਨੁ ਤਿਸ ਨੋ ਸਦਾ ਜਾਪਿ ॥ ਦਇਆ ਧਾਰੀ ਸਮਰਥਿ ਚੁਕੇ ਬਿਲ ਬਿਲਾਪ ॥ ਨਠੇ ਤਾਪ ਦੁਖ ਰੋਗ ਪੂਰੇ ਗੁਰ ਪ੍ਰਤਾਪਿ ॥ ਕੀਤੀਅਨੁ ਆਪਣੀ ਰਖ ਗਰੀਬ ਨਿਵਾਜਿ ਥਾਪਿ ॥ ਆਪੇ

ਲਇਅਨੁ ਛਡਾਇ ਬੰਧਨ ਸਗਲ ਕਾਪਿ ॥ ਤਿਸਨ ਬੁਝੀ ਆਸ ਪੁੰਨੀ ਮਨ ਸੰਤੋਖਿ ਧ੍ਰਾਪਿ ॥ ਵਡੀ ਹੂੰ ਵਡਾ ਅਪਾਰ ਖਸਮੁ ਜਿਸੁ ਲੇਪੁ ਨ ਪੁੰਨਿ ਪਾਪਿ ॥੧੩॥ {ਪੰਨਾ 521}

ਪਦਅਰਥ:- ਵਾਹੁ ਵਾਹੁ—ਸ਼ਾਬਾਸ਼ੇ । ਵਾਹੁ ਵਾਹੁ ਸਿਰਜਣਹਾਰ—ਸਿਰਜਣਹਾਰ ਨੂੰ ਸ਼ਾਬਾਸ਼ੇ (ਆਖ) । ਪਾਇਅਨੁ—ਪਾਈ ਹੈ ਉਸ ਨੇ {ਪਉੜੀ ਨੰ: ੧੨ ਦੇ ਲਫ਼ਜ਼ 'ਪਾਇਅਨਿ' ਤੇ ਇਸ ਲਫ਼ਜ਼ 'ਪਾਈਅਨੁ' ਵਿਚ ਫ਼ਰਕ ਚੇਤੇ ਰੱਖਣ-ਜੋਗ ਹੈ; 'ਪਾਇਅਨਿ'—ਪਾਈਦੇ ਹਨ, ਵਰਤਮਾਨ ਕਾਲ, ਕਰਮ ਵਾਚ, ਬਹੁ-ਵਚਨ, ਅੱਨ ਪੁਰਖ} । ਠਾਢਿ—ਠੰਢਿ, ਸ਼ਾਂਤੀ । ਤਿਸੁ ਨੋ—ਉਸ ਪ੍ਰਭੂ ਨੂੰ । ਸਮਰਥਿ—ਸਮਰੱਥ ਨੇ । ਬਿਲ ਬਿਲਾਪ—ਤਰਲੇ, ਰੋਣੇ । ਪ੍ਰਤਾਪਿ—ਪ੍ਰਤਾਪ ਨਾਲ । ਕੀਤੀਅਨੁ—ਕੀਤੀ ਹੈ ਉਸ ਨੇ । ਰਖ—ਰੱਖਿਆ । ਨਿਵਾਜਿ—ਨਿਵਾਜ ਕੇ । ਥਾਪਿ—ਥਾਪ ਕੇ, ਥਾਪਣਾ ਦੇ ਕੇ । ਕਾਪਿ—ਕੱਟ ਕੇ । ਤਿਸਨ—ਤ੍ਰਿਸਨਾ । ਪੁੰਨੀ—ਪੂਰੀ ਹੋ ਗਈ । ਮਨ ਆਸ—ਮਨ ਦੀ ਆਸ । ਸੰਤੋਖਿ—ਸੰਤੋਖ ਨਾਲ । ਧ੍ਰਾਪਿ—ਰੱਜ ਕੇ । ਲੇਪੁ—ਲਾਗ, ਅਸਰ । ਪੁੰਨਿ—ਪੁੰਨ ਨਾਲ । ਪਾਪਿ—ਪਾਪ ਨਾਲ ।

ਅਰਥ:- (ਹੇ ਭਾਈ!) ਉਸ ਕਰਤਾਰ ਨੂੰ 'ਧੰਨ ਧੰਨ' ਆਖ ਜਿਸ ਨੇ (ਤੇਰੇ ਅੰਦਰ) ਆਪ ਠੰਢ ਪਾਈ ਹੈ, ਉਸ ਪ੍ਰਭੂ ਨੂੰ ਯਾਦ ਕਰ ਜੋ ਸਭ ਜੀਵਾਂ ਉੱਤੇ ਮਿਹਰਬਾਨ ਹੈ ।

ਸਮਰੱਥ ਪ੍ਰਭੂ ਨੇ (ਜਿਸ ਮਨੁੱਖ ਉੱਤੇ) ਮੇਹਰ ਕੀਤੀ ਹੈ ਉਸ ਦੇ ਸਾਰੇ ਰੋਣੇ ਮੁੱਕ ਗਏ, ਪੂਰੇ ਗੁਰੂ ਦੇ ਪ੍ਰਤਾਪ ਨਾਲ ਉਸ ਦੇ (ਸਾਰੇ) ਕਲੇਸ਼, ਦੁੱਖ ਤੇ ਰੋਗ ਦੂਰ ਹੋ ਗਏ ।

(ਜਿਨ੍ਹਾਂ) ਗ਼ਰੀਬਾਂ (ਭਾਵ, ਦਰ-ਢੱਠਿਆਂ) ਨੂੰ ਨਿਵਾਜ ਕੇ ਥਾਪਣਾ ਦੇ ਕੇ (ਉਹਨਾਂ ਦੀ) ਰੱਖਿਆ ਉਸ (ਪ੍ਰਭੂ) ਨੇ ਆਪ ਕੀਤੀ ਹੈ, ਉਹਨਾਂ ਦੇ ਸਾਰੇ ਬੰਧਨ ਕੱਟ ਕੇ ਉਹਨਾਂ ਨੂੰ (ਵਿਕਾਰਾਂ ਤੋਂ) ਉਸ ਨੇ ਆਪ ਛੁਡਾ ਲਿਆ ਹੈ, ਸੰਤੋਖ ਨਾਲ ਰੱਜ ਜਾਣ ਕਰ ਕੇ ਉਹਨਾਂ ਦੇ ਮਨ ਦੀ ਆਸ ਪੂਰੀ ਹੋ ਗਈ ਹੈ ਉਹਨਾਂ ਦੀ ਤ੍ਰਿਸ਼ਨਾ ਮਿਟ ਗਈ ਹੈ ।

(ਪਰ) ਬੇਅੰਤ (ਪ੍ਰਭੂ) ਖਸਮ ਸਭ ਤੋਂ ਵੱਡਾ ਹੈ ਉਸ ਨੂੰ (ਜੀਵਾਂ ਦੇ ਕੀਤੇ) ਪੁੰਨ ਜਾਂ ਪਾਪ ਨਾਲ (ਜ਼ਾਤੀ ਤੌਰ ਤੇ) ਕੋਈ-ਲੱਗ-ਲਬੇੜ ਨਹੀਂ ਹੁੰਦਾ ।੧੩।

ਸਲੋਕ ਮਃ ੫ ॥ ਜਾ ਕਉ ਭਏ ਕ੍ਰਿਪਾਲ ਪ੍ਰਭ ਹਰਿ ਹਰਿ ਸੇਈ ਜਪਾਤ ॥ ਨਾਨਕ ਪ੍ਰੀਤਿ ਲਗੀ ਤਿਨ ਰਾਮ ਸਿਉ ਭੇਟਤ ਸਾਧ ਸੰਗਾਤ ॥੧॥ {ਪੰਨਾ 521}

ਪਦਅਰਥ:- ਭੇਟਤ—ਮਿਲਿਆਂ । ਤਿਨ—ਉਹਨਾਂ ਦੀ ।

ਅਰਥ:- ਹੇ ਨਾਨਕ! ਜਿਨ੍ਹਾਂ ਮਨੁੱਖਾਂ ਤੇ ਪ੍ਰਭੂ ਜੀ ਕਿਰਪਾ ਕਰਦੇ ਹਨ ਉਹੀ ਹਰਿ-ਨਾਮ ਜਪਦੇ ਹਨ, ਸਾਧ ਸੰਗਤਿ ਵਿਚ ਮਿਲਣ ਕਰ ਕੇ ਪਰਮਾਤਮਾ ਨਾਲ ਉਹਨਾਂ ਦੀ ਪ੍ਰੀਤਿ ਬਣ ਜਾਂਦੀ ਹੈ ।੧।

ਮਃ ੫ ॥ ਰਾਮੁ ਰਮਹੁ ਬਡਭਾਗੀਹੋ ਜਲਿ ਥਲਿ ਮਹੀਅਲਿ ਸੋਇ ॥ ਨਾਨਕ ਨਾਮਿ ਅਰਾਧਿਐ ਬਿਘਨੁ ਨ ਲਾਗੈ ਕੋਇ ॥੨॥ {ਪੰਨਾ 521}

ਪਦਅਰਥ:- ਜਲਿ—ਪਾਣੀ ਵਿਚ । ਥਲਿ—ਧਰਤੀ ਦੇ ਅੰਦਰ । ਮਹੀਅਲਿ—ਮਹੀ ਤਲਿ, ਧਰਤੀ ਦੇ ਤਲ ਤੇ, ਧਰਤੀ ਦੇ ਉੱਤੇ, ਭਾਵ, ਆਕਾਸ਼ ਵਿਚ । ਨਾਮਿ—{ਅਧਿਕਰਣ ਕਾਰਕ, ਇਕ-ਵਚਨ} ।

ਨਾਮਿ ਅਰਾਧਿਐ—(ਪੂਰਬ ਪੂਰਨ ਕਾਰਦੰਤਕ, Locative Absolute) ਜੇ ਨਾਮ ਸਿਮਰੀਏ} ।

ਅਰਥ:- ਹੇ ਵੱਡੇ ਭਾਗਾਂ ਵਾਲਿਓ! ਉਸ ਪਰਮਾਤਮਾ ਨੂੰ ਸਿਮਰੋ ਜੋ ਪਾਣੀ ਵਿਚ ਧਰਤੀ ਦੇ ਅੰਦਰ ਧਰਤੀ ਦੇ ਉਪਰ (ਹਰ ਥਾਂ) ਮੌਜੂਦ ਹੈ । ਹੇ ਨਾਨਕ! ਜੇ ਪ੍ਰਭੂ ਦਾ ਨਾਮ ਸਿਮਰੀਏ ਤਾਂ (ਜੀਵਨ-ਰਾਹ ਵਿਚ) ਕੋਈ ਰੁਕਾਵਟ ਨਹੀਂ ਪੈਂਦੀ ।੨।

ਪਉੜੀ ॥ ਭਗਤਾ ਕਾ ਬੋਲਿਆ ਪਰਵਾਣੁ ਹੈ ਦਰਗਹ ਪਵੈ ਥਾਇ ॥ ਭਗਤਾ ਤੇਰੀ ਟੇਕ ਰਤੇ ਸਚਿ ਨਾਇ ॥ ਜਿਸ ਨੋ ਹੋਇ ਕ੍ਰਿਪਾਲੁ ਤਿਸ ਕਾ ਦੂਖੁ ਜਾਇ ॥ ਭਗਤ ਤੇਰੇ ਦਇਆਲ ਓਨ੍ਹਾ ਮਿਹਰ ਪਾਇ ॥ ਦੂਖੁ ਦਰਦੁ ਵਡ ਰੋਗੁ ਨ ਪੋਹੇ ਤਿਸੁ ਮਾਇ ॥ ਭਗਤਾ ਏਹੁ ਅਧਾਰੁ ਗੁਣ ਗੋਵਿੰਦ ਗਾਇ ॥ ਸਦਾ ਸਦਾ ਦਿਨੁ ਰੈਣਿ ਇਕੋ ਇਕੁ ਧਿਆਇ ॥ ਪੀਵਤਿ ਅੰਮ੍ਰਿਤ ਨਾਮੁ ਜਨ ਨਾਮੇ ਰਹੇ ਅਘਾਇ ॥੧੪॥ {ਪੰਨਾ 521-522}

ਪਦਅਰਥ:- ਪਵੈ ਥਾਇ—ਕਬੂਲ ਹੁੰਦਾ ਹੈ । ਟੇਕ—ਆਸਰਾ । ਸਚਿ—ਸੱਚ ਵਿਚ । ਨਾਇ—ਨਾਮ ਵਿਚ । ਅਧਾਰੁ—ਆਸਰਾ । ਰੈਣਿ—ਰਾਤ । ਅਘਾਇ ਰਹੇ—ਰੱਜੇ ਰਹਿੰਦੇ ਹਨ । ਪਰਵਾਣੁ—ਮੰਨਣ-ਜੋਗ । ਮਾਇ—ਮਾਇਆ ।

ਅਰਥ:- ਬੰਦਗੀ ਕਰਨ ਵਾਲੇ ਮਨੁੱਖਾਂ ਦਾ ਬੋਲਿਆ ਬਚਨ ਮੰਨਣ-ਯੋਗ ਹੁੰਦਾ ਹੈ, ਪ੍ਰਭੂ ਦੀ ਦਰਗਾਹ ਵਿਚ (ਭੀ) ਕਬੂਲ ਹੁੰਦਾ ਹੈ । ਹੇ ਪ੍ਰਭੂ! ਭਗਤਾਂ ਨੂੰ ਤੇਰਾ ਆਸਰਾ ਹੁੰਦਾ ਹੈ, ਉਹ ਸੱਚੇ ਨਾਮ ਵਿਚ ਰੰਗੇ ਰਹਿੰਦੇ ਹਨ । ਪ੍ਰਭੂ ਜਿਸ ਮਨੁੱਖ ਉਤੇ ਮਿਹਰਬਾਨ ਹੁੰਦਾ ਹੈ ਉਸ ਦਾ ਦੁੱਖ ਦੂਰ ਹੋ ਜਾਂਦਾ ਹੈ । ਹੇ ਦਇਆਲ ਪ੍ਰਭੂ! ਬੰਦਗੀ ਕਰਨ ਵਾਲੇ ਬੰਦੇ ਤੇਰੇ ਹੋ ਕੇ ਰਹਿੰਦੇ ਹਨ, ਤੂੰ ਉਹਨਾਂ ਤੇ ਕਿਰਪਾ ਕਰਦਾ ਹੈਂ; (ਜਿਸ ਮਨੁੱਖ ਤੇ ਤੂੰ ਮਿਹਰ ਕਰਦਾ ਹੈਂ) ਉਸ ਨੂੰ ਮਾਇਆ ਪੋਹ ਨਹੀਂ ਸਕਦੀ, ਕੋਈ ਦੁਖ ਦਰਦ ਕੋਈ ਵੱਡੇ ਤੋਂ ਵੱਡਾ ਰੋਗ ਉਸ ਨੂੰ ਪੋਹ ਨਹੀਂ ਸਕਦਾ । ਗੋਵਿੰਦ ਦੇ ਗੁਣ ਗਾ ਗਾ ਕੇ ਇਹ (ਸਿਫ਼ਤਿ-ਸਾਲਾਹ) ਭਗਤਾਂ (ਦੀ ਜ਼ਿੰਦਗੀ) ਦਾ ਆਸਰਾ ਬਣ ਜਾਂਦੀ ਹੈ; ਦਿਨ ਰਾਤ ਸਦਾ ਹੀ ਇਕ ਪ੍ਰਭੂ ਨੂੰ ਸਿਮਰ ਸਿਮਰ ਕੇ, ਨਾਮ-ਰੂਪ ਅੰਮ੍ਰਿਤ ਪੀ ਪੀ ਕੇ ਸੇਵਕ ਨਾਮ ਵਿਚ ਹੀ ਰੱਜੇ ਰਹਿੰਦੇ ਹਨ ।੧੪।

ਸਲੋਕ ਮਃ ੫ ॥ ਕੋਟਿ ਬਿਘਨ ਤਿਸੁ ਲਾਗਤੇ ਜਿਸ ਨੋ ਵਿਸਰੈ ਨਾਉ ॥ ਨਾਨਕ ਅਨਦਿਨੁ ਬਿਲਪਤੇ ਜਿਉ ਸੁੰਞੈ ਘਰਿ ਕਾਉ ॥੧॥ {ਪੰਨਾ 522}

ਪਦਅਰਥ:- ਕੋਟਿ—ਕ੍ਰੋੜਾਂ । ਅਨਦਿਨੁ—ਹਰ ਰੋਜ਼ । ਘਰਿ—ਘਰ ਵਿਚ ।

ਅਰਥ:- ਜਿਸ ਮਨੁੱਖ ਨੂੰ ਪਰਮਾਤਮਾ ਦਾ ਨਾਮ ਵਿਸਰ ਜਾਂਦਾ ਹੈ ਉਸ ਨੂੰ ਕ੍ਰੋੜਾਂ ਵਿਘਨ ਆ ਘੇਰਦੇ ਹਨ; ਹੇ ਨਾਨਕ! (ਅਜੇਹੇ ਬੰਦੇ) ਹਰ ਰੋਜ਼ ਇਉਂ ਵਿਲਕਦੇ ਹਨ ਜਿਵੇਂ ਸੁੰਞੇ ਘਰਾਂ ਵਿਚ ਕਾਂ ਲੌਂਦਾ ਹੈ (ਪਰ ਓਥੋਂ ਉਸ ਨੂੰ ਮਿਲਦਾ ਕੁਝ ਨਹੀਂ) ।

ਮਃ ੫ ॥ ਪਿਰੀ ਮਿਲਾਵਾ ਜਾ ਥੀਐ ਸਾਈ ਸੁਹਾਵੀ ਰੁਤਿ ॥ ਘੜੀ ਮੁਹਤੁ ਨਹ ਵੀਸਰੈ ਨਾਨਕ ਰਵੀਐ ਨਿਤ ॥੨॥ {ਪੰਨਾ 522}

ਪਦਅਰਥ:- ਪਿਰੀ ਮਿਲਾਵਾ—ਪਿਆਰੇ ਪਤੀ ਦਾ ਮੇਲ । ਜਾ—ਜਦੋਂ । ਸੁਹਾਵੀ—ਸੋਹਣੀ । ਮੁਹਤੁ—ਮੁਹੂਰਤ, ਦੋ ਘੜੀ । ਰਵੀਐ—ਸਿਮਰੀਏ ।

ਅਰਥ:- ਉਹੀ ਰੁੱਤ ਸੋਹਣੀ ਹੈ ਜਦੋਂ ਪਿਆਰੇ ਪ੍ਰਭੂ-ਪਤੀ ਦਾ ਮੇਲ ਹੁੰਦਾ ਹੈ, ਸੋ, ਹੇ ਨਾਨਕ! ਉਸ ਨੂੰ ਹਰ ਵੇਲੇ ਯਾਦ ਕਰੀਏ, ਕਦੇ ਘੜੀ ਦੋ ਘੜੀਆਂ ਭੀ ਉਹ ਪ੍ਰਭੂ ਨਾਹ ਭੁੱਲੇ ।੨।

ਪਉੜੀ ॥ ਸੂਰਬੀਰ ਵਰੀਆਮ ਕਿਨੈ ਨ ਹੋੜੀਐ ॥ ਫਉਜ ਸਤਾਣੀ ਹਾਠ ਪੰਚਾ ਜੋੜੀਐ ॥ ਦਸ ਨਾਰੀ ਅਉਧੂਤ ਦੇਨਿ ਚਮੋੜੀਐ ॥ ਜਿਣਿ ਜਿਣਿ ਲੈਨ੍ਹਿ ਰਲਾਇ ਏਹੋ ਏਨਾ ਲੋੜੀਐ ॥ ਤ੍ਰੈ ਗੁਣ ਇਨ ਕੈ ਵਸਿ ਕਿਨੈ ਨ ਮੋੜੀਐ ॥ ਭਰਮੁ ਕੋਟੁ ਮਾਇਆ ਖਾਈ ਕਹੁ ਕਿਤੁ ਬਿਧਿ ਤੋੜੀਐ ॥ ਗੁਰੁ ਪੂਰਾ ਆਰਾਧਿ ਬਿਖਮ ਦਲੁ ਫੋੜੀਐ ॥ ਹਉ ਤਿਸੁ ਅਗੈ ਦਿਨੁ ਰਾਤਿ ਰਹਾ ਕਰ ਜੋੜੀਐ ॥੧੫॥ {ਪੰਨਾ 522}

ਪਦਅਰਥ:- ਵਰੀਆਮ—ਬਹਾਦਰ । ਹੋੜੀਐ—ਰੋਕਿਆ । ਸਤਾਣੀ—ਤਾਣ ਵਾਲੀ । ਹਠ—ਹਠੀਲੀ । ਪੰਚਾ—ਪੰਜ ਕਾਮਾਦਿਕਾਂ ਨੇ । ਨਾਰੀ—ਇੰਦ੍ਰੇ । ਅਉਧੂਤ—ਤਿਆਗੀ । ਜਿਣਿ—ਜਿੱਤ ਕੇ । ਤ੍ਰੈ ਗੁਣ—ਤਿੰਨਾਂ ਗੁਣਾਂ ਦੇ ਸਾਰੇ ਜੀਵ । ਭਰਮੁ—ਭਟਕਣਾ । ਕੋਟੁ—ਕਿਲ੍ਹਾ (ਇਸ ਪਉੜੀ ਦੇ ਪਹਿਲੇ ਸ਼ਲੋਕ ਵਿਚ ਦੇ ਲਫ਼ਜ਼ 'ਕੋਟਿ' ਤੇ ਇਸ ਲਫ਼ਜ਼ 'ਕੋਟੁ' ਦਾ ਫ਼ਰਕ ਚੇਤੇ ਰੱਖਣ-ਜੋਗ ਹੈ) । ਖਾਈ—ਖਾਲੀ, ਖਾਲ । ਕਿਤੁ ਬਿਧਿ—ਕਿਸ ਵਿਧੀ ਨਾਲ । ਦਲੁ—ਫ਼ੌਜ । ਕਰ—ਹੱਥ ।

ਅਰਥ:- (ਕਾਮਾਦਿਕ ਵਿਕਾਰ) ਬੜੇ ਸੂਰਮੇ ਤੇ ਬਹਾਦਰ (ਸਿਪਾਹੀ) ਹਨ, ਕਿਸੇ ਨੇ ਇਹਨਾਂ ਨੂੰ ਠੱਲ੍ਹਿਆ ਨਹੀਂ, ਇਹਨਾਂ ਪੰਜਾਂ ਨੇ ਬੜੀ ਬਲ ਵਾਲੀ ਤੇ ਹਠੀਲੀ ਫ਼ੌਜ ਇਕੱਠੀ ਕੀਤੀ ਹੋਈ ਹੈ, (ਦੁਨੀਆਦਾਰ ਤਾਂ ਕਿਤੇ ਰਹੇ) ਤਿਆਗੀਆਂ ਨੂੰ (ਭੀ) ਇਹ ਦਸ ਇੰਦ੍ਰੇ ਚਮੋੜ ਦੇਂਦੇ ਹਨ, ਸਭ ਨੂੰ ਜਿੱਤ ਜਿੱਤ ਕੇ ਆਪਣੇ ਅਨੁਸਾਰੀ ਕਰੀ ਜਾਂਦੇ ਹਨ, ਬੱਸ! ਇਹੀ ਗੱਲ ਇਹ ਲੋੜਦੇ ਹਨ, ਸਾਰੇ ਹੀ ਤ੍ਰੈਗੁਣੀ ਜੀਵ ਇਹਨਾਂ ਦੇ ਦਬਾਉ ਹੇਠ ਹਨ । ਕਿਸੇ ਨੇ ਇਹਨਾਂ ਨੂੰ ਮੋੜਾ ਨਹੀਂ ਪਾਇਆ, (ਮਾਇਆ ਦੀ ਖ਼ਾਤਰ ਜੀਵਾਂ ਦੀ) ਭਟਕਣਾ (ਇਹ, ਮਾਨੋ, ਇਹਨਾਂ ਪੰਜਾਂ ਦਾ) ਕਿਲ੍ਹਾ ਹੈ ਤੇ ਮਾਇਆ (ਦਾ ਮੋਹ, ਉਸ ਕਿਲ੍ਹੇ ਦੇ ਦੁਆਲੇ ਡੂੰਘੀ) ਖਾਈ (ਪੁੱਟੀ ਹੋਈ) ਹੈ, (ਇਹ ਕਿਲ੍ਹਾ) ਕਿਵੇਂ ਤੋੜਿਆ ਜਾਏ?

ਪੂਰੇ ਸਤਿਗੁਰੂ ਨੂੰ ਯਾਦ ਕੀਤਿਆਂ ਇਹ ਕਰੜੀ ਫ਼ੌਜ ਸਰ ਕੀਤੀ ਜਾ ਸਕਦੀ ਹੈ, (ਜੇ ਪ੍ਰਭੂ ਦੀ ਮਿਹਰ ਹੋਵੇ ਤਾਂ) ਮੈਂ ਦਿਨ ਰਾਤ ਹੱਥ ਜੋੜ ਕੇ ਉਸ ਗੁਰੂ ਦੇ ਸਾਹਮਣੇ ਖਲੋਤਾ ਰਹਾਂ ।੧੫।

ਸਲੋਕ ਮਃ ੫ ॥ ਕਿਲਵਿਖ ਸਭੇ ਉਤਰਨਿ ਨੀਤ ਨੀਤ ਗੁਣ ਗਾਉ ॥ ਕੋਟਿ ਕਲੇਸਾ ਊਪਜਹਿ ਨਾਨਕ ਬਿਸਰੈ ਨਾਉ ॥੧॥ {ਪੰਨਾ 522}

ਪਦਅਰਥ:- ਕਿਲਵਿਖ—ਪਾਪ । ਨੀਤ ਨੀਤ—ਨਿੱਤ ਨਿੱਤ, ਸਦਾ ਹੀ ।

ਅਰਥ:- ਹੇ ਨਾਨਕ! ਸਦਾ ਹੀ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰੋ, (ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ) ਸਾਰੇ ਪਾਪ ਉਤਰ ਜਾਂਦੇ ਹਨ, ਜੇ ਪ੍ਰਭੂ ਦਾ ਨਾਮ ਭੁੱਲ ਜਾਏ ਤਾਂ ਕ੍ਰੋੜਾਂ ਦੁੱਖ ਲੱਗ ਜਾਂਦੇ ਹਨ ।੧।

ਮਃ ੫ ॥ ਨਾਨਕ ਸਤਿਗੁਰਿ ਭੇਟਿਐ ਪੂਰੀ ਹੋਵੈ ਜੁਗਤਿ ॥ ਹਸੰਦਿਆ ਖੇਲੰਦਿਆ ਪੈਨੰਦਿਆ ਖਾਵੰਦਿਆ ਵਿਚੇ ਹੋਵੈ ਮੁਕਤਿ ॥੨॥ {ਪੰਨਾ 522}

ਪਦਅਰਥ:- ਸਤਿਗੁਰਿ—(ਅਧਿਕਰਣ ਕਾਰਕ, ਇਕ-ਵਚਨ) । ਸਤਿਗੁਰਿ ਭੇਟਿਐ—(ਪੂਰਬ ਪੂਰਨ

ਕਾਰਦੰਤਕ, Locative Absolute) ਜੇ ਗੁਰੂ ਮਿਲ ਪਏ । ਜੁਗਤਿ—ਜੀਊਣ ਦੀ ਜਾਚ, ਜ਼ਿੰਦਗੀ ਗੁਜ਼ਾਰਨ ਦਾ ਤਰੀਕਾ । ਪੂਰੀ—ਮੁਕੰਮਲ, ਜਿਸ ਵਿਚ ਕੋਈ ਉਕਾਈ ਨਾਹ ਰਹਿ ਜਾਏ । ਵਿਚੇ—ਮਾਇਆ ਵਿਚ ਵਰਤਦਿਆਂ ਹੀ । ਮੁਕਤਿ—ਮਾਇਆ ਦੇ ਬੰਧਨਾਂ ਤੋਂ ਆਜ਼ਾਦੀ ।

ਅਰਥ:- ਹੇ ਨਾਨਕ! ਜੇ ਸਤਿਗੁਰੂ ਮਿਲ ਪਏ ਤਾਂ ਜੀਊਣ ਦੀ ਠੀਕ ਜਾਚ ਆ ਜਾਂਦੀ ਤੇ ਹੱਸਦਿਆਂ ਖੇਡਦਿਆਂ ਖਾਂਦਿਆਂ ਪਹਿਨਦਿਆਂ (ਭਾਵ, ਦੁਨੀਆ ਦੇ ਸਾਰੇ ਕੰਮ ਕਾਰ ਕਰਦਿਆਂ) ਮਾਇਆ ਵਿਚ ਵਰਤਿਆਂ ਹੀ ਕਾਮਾਦਿਕ ਵਿਕਾਰਾਂ ਤੋਂ ਬਚੇ ਰਹੀਦਾ ਹੈ ।੨।

ਪਉੜੀ ॥ ਸੋ ਸਤਿਗੁਰੁ ਧਨੁ ਧੰਨੁ ਜਿਨਿ ਭਰਮ ਗੜੁ ਤੋੜਿਆ ॥ ਸੋ ਸਤਿਗੁਰੁ ਵਾਹੁ ਵਾਹੁ ਜਿਨਿ ਹਰਿ ਸਿਉ ਜੋੜਿਆ ॥ ਨਾਮੁ ਨਿਧਾਨੁ ਅਖੁਟੁ ਗੁਰੁ ਦੇਇ ਦਾਰੂਓ ॥ ਮਹਾ ਰੋਗੁ ਬਿਕਰਾਲ ਤਿਨੈ ਬਿਦਾਰੂਓ ॥ ਪਾਇਆ ਨਾਮੁ ਨਿਧਾਨੁ ਬਹੁਤੁ ਖਜਾਨਿਆ ॥ ਜਿਤਾ ਜਨਮੁ ਅਪਾਰੁ ਆਪੁ ਪਛਾਨਿਆ ॥ ਮਹਿਮਾ ਕਹੀ ਨ ਜਾਇ ਗੁਰ ਸਮਰਥ ਦੇਵ ॥ ਗੁਰ ਪਾਰਬ੍ਰਹਮ ਪਰਮੇਸੁਰ ਅਪਰੰਪਰ ਅਲਖ ਅਭੇਵ ॥੧੬॥ {ਪੰਨਾ 522}

ਪਦਅਰਥ:- ਭਰਮ ਗੜੁ—ਭਰਮ ਦਾ ਕਿਲ੍ਹਾ । ਜਿਨਿ—ਜਿਸ (ਗੁਰੂ) ਨੇ । ਵਾਹੁ ਵਾਹੁ—ਸੋਹਣਾ । ਦੇਇ—ਦੇਂਦਾ ਹੈ । ਤਿਨੈ—ਤਿਨਿ ਹੀ, ਉਸ (ਗੁਰੂ) ਨੇ ਹੀ । ਜਿਤਾ—ਜਿੱਤ ਲਿਆ । ਆਪੁ—ਆਪਣੇ ਆਪ ਨੂੰ । ਮਹਿਮਾ—ਵਡਿਆਈ । ਸਮਰਥ—ਤਾਕਤ ਵਾਲਾ, ਸੱਤਿਆ ਵਾਲਾ । ਅਪਰੰਪਰ—ਜਿਸ ਦਾ ਪਾਰਲਾ ਬੰਨਾ ਨਾ ਦਿੱਸੇ । ਅਲਖ—ਜੋ ਸਮਝ ਵਿਚ ਨਾਹ ਆ ਸਕੇ । ਅਭੇਵ—ਜਿਸ ਦਾ ਭੇਤ ਨਾਹ ਪਾਇਆ ਜਾ ਸਕੇ ।

ਅਰਥ:- ਧੰਨ ਹੈ ਉਹ ਸਤਿਗੁਰੂ ਜਿਸ ਨੇ (ਅਸਾਡਾ) ਭਰਮ ਦਾ ਕਿਲ੍ਹਾ ਤੋੜ ਦਿੱਤਾ ਹੈ, ਅਚਰਜ ਵਡਿਆਈ ਵਾਲਾ ਹੈ ਉਹ ਗੁਰੂ ਜਿਸ ਨੇ (ਅਸਾਨੂੰ) ਰੱਬ ਨਾਲ ਜੋੜ ਦਿੱਤਾ ਹੈ; ਗੁਰੂ ਅਮੁਕ ਨਾਮ-ਖ਼ਜ਼ਾਨਾ-ਰੂਪ ਦਵਾਈ ਦੇਂਦਾ ਹੈ, (ਇਸ ਦਵਾਈ ਨਾਲ) ਉਸ ਗੁਰੂ ਨੇ ਹੀ (ਅਸਾਡਾ ਇਹ) ਵੱਡਾ ਭਿਆਨਕ ਰੋਗ ਨਾਸ ਕਰ ਦਿੱਤਾ ਹੈ ।

(ਜਿਸ ਮਨੁੱਖ ਨੇ ਗੁਰੂ ਪਾਸੋਂ) ਪ੍ਰਭੂ-ਨਾਮ ਰੂਪ ਵੱਡਾ ਖ਼ਜ਼ਾਨਾ ਹਾਸਲ ਕੀਤਾ ਹੈ ਉਸ ਨੇ ਆਪਣੇ ਆਪ ਨੂੰ ਪਛਾਣ ਲਿਆ ਹੈ ਤੇ ਮਨੁੱਖਾ-ਜਨਮ (ਦੀ) ਅਪਾਰ (ਬਾਜ਼ੀ) ਜਿੱਤ ਲਈ ਹੈ ।

ਸੱਤਿਆ ਵਾਲੇ ਗੁਰਦੇਵ ਦੀ ਵਡਿਆਈ ਬਿਆਨ ਨਹੀਂ ਕੀਤੀ ਜਾ ਸਕਦੀ, ਸਤਿਗੁਰੂ ਉਸ ਪਰਮੇਸਰ ਪਾਰਬ੍ਰਹਮ ਦਾ ਰੂਪ ਹੈ ਜੋ ਬੇਅੰਤ ਹੈ ਅਲੱਖ ਹੈ ਤੇ ਅਭੇਵ ਹੈ ।੧੬।

ਸਲੋਕੁ ਮਃ ੫ ॥ ਉਦਮੁ ਕਰੇਦਿਆ ਜੀਉ ਤੂੰ ਕਮਾਵਦਿਆ ਸੁਖ ਭੁੰਚੁ ॥ ਧਿਆਇਦਿਆ ਤੂੰ ਪ੍ਰਭੂ ਮਿਲੁ ਨਾਨਕ ਉਤਰੀ ਚਿੰਤ ॥੧॥ {ਪੰਨਾ 522}

ਅਰਥ:- ਹੇ ਨਾਨਕ! (ਪ੍ਰਭੂ ਦੀ ਭਗਤੀ ਦਾ) ਉੱਦਮ ਕਰਦਿਆਂ ਆਤਮਕ ਜੀਵਨ ਮਿਲਦਾ ਹੈ, (ਇਹ ਨਾਮ ਦੀ) ਕਮਾਈ ਕੀਤਿਆਂ ਸੁਖ ਮਾਣੀਦਾ ਹੈ; ਨਾਮ ਸਿਮਰਿਆਂ ਪਰਮਾਤਮਾ ਨੂੰ ਮਿਲ ਪਈਦਾ ਹੈ ਤੇ ਚਿੰਤਾ ਮਿਟ ਜਾਂਦੀ ਹੈ ।੧।

ਮਃ ੫ ॥ ਸੁਭ ਚਿੰਤਨ ਗੋਬਿੰਦ ਰਮਣ ਨਿਰਮਲ ਸਾਧੂ ਸੰਗ ॥ ਨਾਨਕ ਨਾਮੁ ਨ ਵਿਸਰਉ ਇਕ ਘੜੀ ਕਰਿ ਕਿਰਪਾ ਭਗਵੰਤ ॥੨॥ {ਪੰਨਾ 522}

ਨੋਟ:- ਇਹੀ ਸ਼ਲੋਕ ਰਾਗ ਆਸਾ ਮਹਲਾ ੫ ਛੰਤ ਘਰੁ ੭ ਦੇ ਸਿਰ-ਲੇਖ ਹੇਠ ਭੀ ਆਇਆ ਹੈ ।

ਪਦਅਰਥ:- ਸੁਭ—ਭਲੀ । ਚਿੰਤਨ—ਸੋਚ । ਰਮਣ—ਸਿਮਰਨ । ਨਿਰਮਲੁ—ਪਵਿਤ੍ਰ । ਨ ਵਿਸਰਉ—ਨਾਹ ਭੁਲਾਵਾਂ ।

ਅਰਥ:- ਹੇ ਭਗਵਾਨ! ਮੈਂ ਨਾਨਕ ਉਤੇ ਕਿਰਪਾ ਕਰ ਕਿ ਮੈਂ ਇਕ ਘੜੀ ਭਰ ਭੀ ਤੇਰਾ ਨਾਮ ਨਾਹ ਭੁਲਾਵਾਂ, ਪਵਿਤ੍ਰ ਸਤ-ਸੰਗ ਕਰਾਂ, ਗੋਬਿੰਦ ਦਾ ਸਿਮਰਨ ਕਰਾਂ ਤੇ ਭਲੀਆਂ ਸੋਚਾਂ ਸੋਚਾਂ ।੨।

ਪਉੜੀ ॥ ਤੇਰਾ ਕੀਤਾ ਹੋਇ ਤ ਕਾਹੇ ਡਰਪੀਐ ॥ ਜਿਸੁ ਮਿਲਿ ਜਪੀਐ ਨਾਉ ਤਿਸੁ ਜੀਉ ਅਰਪੀਐ ॥ ਆਇਐ ਚਿਤਿ ਨਿਹਾਲੁ ਸਾਹਿਬ ਬੇਸੁਮਾਰ ॥ ਤਿਸ ਨੋ ਪੋਹੇ ਕਵਣੁ ਜਿਸੁ ਵਲਿ ਨਿਰੰਕਾਰ ॥ ਸਭੁ ਕਿਛੁ ਤਿਸ ਕੈ ਵਸਿ ਨ ਕੋਈ ਬਾਹਰਾ ॥ ਸੋ ਭਗਤਾ ਮਨਿ ਵੁਠਾ ਸਚਿ ਸਮਾਹਰਾ ॥ ਤੇਰੇ ਦਾਸ ਧਿਆਇਨਿ ਤੁਧੁ ਤੂੰ ਰਖਣ ਵਾਲਿਆ ॥ ਸਿਰਿ ਸਭਨਾ ਸਮਰਥੁ ਨਦਰਿ ਨਿਹਾਲਿਆ ॥੧੭॥ {ਪੰਨਾ 522}

ਪਦਅਰਥ:- ਹੋਇ—ਹੁੰਦਾ ਹੈ, ਵਾਪਰਦਾ ਹੈ । ਕਾਹੇ—ਕਿਉਂ? ਤਿਸੁ—ਉਸ ਨੂੰ । ਅਰਪੀਐ—ਭੇਟ ਕਰ ਦੇਈਏ । ਆਇਐ ਚਿਤਿ—(ਪੂਰਬ ਪੂਰਨ ਕਾਰਦੰਤਕ; Locative Absolute) ਜੇ ਚਿੱਤ ਵਿਚ ਆ ਜਾਏ । ਬੇਸੁਮਾਰ—ਬੇਅੰਤ । ਪੋਹੇ—ਦਬਾ ਪਾਏ । ਬਾਹਰਾ—ਆਕੀ । ਵੁਠਾ—ਵੱਸਿਆ । ਸਚਿ—ਸੱਚ ਦੀ ਰਾਹੀਂ, (ਭਗਤਾਂ ਦੇ) ਸਿਮਰਨ ਦੀ ਰਾਹੀਂ । ਸਮਾਹਰਾ—ਸਮਾਇਆ ਹੋਇਆ । ਨਿਹਾਲਿਆ—ਨਿਹਾਲ ਕਰਨ ਵਾਲਾ ।

ਅਰਥ:- ਜੇ (ਹੇ ਪ੍ਰਭੂ!) ਜੋ ਕੁਝ ਵਾਪਰਦਾ ਹੈ ਤੇਰਾ ਹੀ ਕੀਤਾ ਹੁੰਦਾ ਹੈ ਤਾਂ (ਅਸੀ) ਕਿਉਂ (ਕਿਸੇ ਤੋਂ) ਡਰੀਏ? ਜਿਸ ਨੂੰ ਮਿਲ ਕੇ ਪ੍ਰਭੂ ਦਾ ਨਾਮ ਜਪਿਆ ਜਾਏ, ਉਸ ਅਗੇ ਆਪਣਾ ਆਪ ਭੇਟਾ ਕਰ ਦੇਣਾ ਚਾਹੀਦਾ ਹੈ, ਕਿਉਂਕਿ ਜੇ ਬੇਅੰਤ ਸਾਹਿਬ ਚਿੱਤ ਵਿਚ ਆ ਵੱਸੇ ਤਾਂ ਨਿਹਾਲ ਹੋ ਜਾਈਦਾ ਹੈ, ਜਿਸ ਦੇ ਪੱਖ ਤੇ ਨਿਰੰਕਾਰ ਹੋ ਜਾਏ, ਉਸ ਤੇ ਕੋਈ ਦਬਾ ਨਹੀਂ ਪਾ ਸਕਦਾ, ਕਿਉਂਕਿ ਹਰੇਕ ਚੀਜ਼ ਉਸ ਪਰਮਾਤਮਾ ਦੇ ਵੱਸ ਵਿਚ ਹੈ, ਉਸ ਦੇ ਹੁਕਮ ਤੋਂ ਪਰੇ ਨਹੀਂ ਜਾ ਸਕਦਾ, (ਭਗਤਾਂ ਦੇ) ਸਿਮਰਨ ਕਰ ਕੇ ਉਹ ਪ੍ਰਭੂ ਭਗਤਾਂ ਦੇ ਮਨ ਵਿਚ ਆ ਵੱਸਦਾ ਹੈ (ਉਹਨਾਂ ਦੇ ਅੰਦਰ) ਸਮਾ ਜਾਂਦਾ ਹੈ ।

ਹੇ ਪ੍ਰਭੂ! ਤੇਰੇ ਦਾਸ ਤੈਨੂੰ ਯਾਦ ਕਰਦੇ ਹਨ, ਤੂੰ ਉਹਨਾਂ ਦੀ ਰੱਖਿਆ ਕਰਦਾ ਹੈਂ, ਤੂੰ ਸਭ ਜੀਵਾਂ ਦੇ ਸਿਰ ਤੇ ਹਾਕਮ ਹੈਂ, ਮੇਹਰ ਦੀ ਨਜ਼ਰ ਕਰ ਕੇ (ਜੀਵਾਂ ਨੂੰ) ਸੁਖ ਦੇਣ ਵਾਲਾ ਹੈਂ ।੧।

ਸਲੋਕ ਮਃ ੫ ॥ ਕਾਮ ਕ੍ਰੋਧ ਮਦ ਲੋਭ ਮੋਹ ਦੁਸਟ ਬਾਸਨਾ ਨਿਵਾਰਿ ॥ ਰਾਖਿ ਲੇਹੁ ਪ੍ਰਭ ਆਪਣੇ ਨਾਨਕ ਸਦ ਬਲਿਹਾਰਿ ॥੧॥ {ਪੰਨਾ 523}

ਪਦਅਰਥ:- ਮਦ—ਅਹੰਕਾਰ ਦੀ ਮਸਤੀ । ਦੁਸਟ—ਭੈੜੀਆਂ । ਨਿਵਾਰਿ—ਦੂਰ ਕਰ ।

ਅਰਥ:- ਹੇ ਨਾਨਕ! (ਪ੍ਰਭੂ ਤੋਂ) ਸਦਾ ਸਦਕੇ ਹੋ (ਤੇ ਇਉਂ ਬੇਨਤੀ ਕਰ—) ਹੇ ਮੇਰੇ ਪ੍ਰਭੂ! ਰੱਖਿਆ ਕਰ ਤੇ (ਮੇਰੇ ਅੰਦਰੋਂ) ਕਾਮ, ਕ੍ਰੋਧ, ਲੋਭ, ਮੋਹ, ਅਹੰਕਾਰ ਦੀ ਮਸਤੀ ਤੇ ਭੈੜੀਆਂ ਵਾਸ਼ਨਾ ਦੂਰ ਕਰ

।

ਮਃ ੫ ॥ ਖਾਂਦਿਆ ਖਾਂਦਿਆ ਮੁਹੁ ਘਠਾ ਪੈਨੰਦਿਆ ਸਭੁ ਅੰਗੁ ॥ ਨਾਨਕ ਧ੍ਰਿਗੁ ਤਿਨਾ ਦਾ ਜੀਵਿਆ ਜਿਨ ਸਚਿ ਨ ਲਗੋ ਰੰਗੁ ॥੨॥ {ਪੰਨਾ 523}

ਪਦਅਰਥ:– ਘਠਾ—ਘਸ ਗਿਆ । ਸਭੁ ਅੰਗੁ—ਸਾਰਾ ਸਰੀਰ । ਧ੍ਰਿਗੁ—ਫਿਟਕਾਰ-ਜੋਗ । ਸਚਿ—ਸੱਚ ਵਿਚ, ਸਦਾ-ਥਿਰ ਰਹਿਣ ਵਾਲੇ ਪ੍ਰਭੂ ਵਿਚ । ਰੰਗੁ—ਪਿਆਰ ।

ਅਰਥ:– (ਮਿੱਠੇ ਪਦਾਰਥ) ਖਾਂਦਿਆਂ ਖਾਂਦਿਆਂ ਮੂੰਹ (ਭੀ) ਘਸ ਗਿਆ (ਤੇ ਸੋਹਣੇ ਕੱਪੜੇ) ਪਹਿਨਦਿਆਂ ਸਾਰਾ ਸਰੀਰ ਹੀ ਲਿੱਸਾ ਹੋ ਗਿਆ (ਭਾਵ, ਜੇ ਖਾਣ ਤੇ ਪਹਿਨਣ ਦੇ ਆਹਰਾਂ ਵਿਚ ਹੀ ਜਵਾਨੀ ਲੰਘ ਕੇ ਬੁਢੇਪਾ ਆ ਗਿਆ, ਤੇ ਫਿਰ ਭੀ), ਹੇ ਨਾਨਕ! ਜਿਨ੍ਹਾਂ ਮਨੁੱਖਾਂ ਦਾ ਪਿਆਰ ਪਰਮਾਤਮਾ ਵਿਚ ਨਾਹ ਬਣਿਆ, ਉਹਨਾਂ ਦਾ ਜੀਊਣਾ ਫਿਟਕਾਰ-ਜੋਗ ਹੈ ।੨।

ਪਉੜੀ ॥ ਜਿਉ ਜਿਉ ਤੇਰਾ ਹੁਕਮੁ ਤਿਵੈ ਤਿਉ ਹੋਵਣਾ ॥ ਜਹ ਜਹ ਰਖਹਿ ਆਪਿ ਤਹ ਜਾਇ ਖੜੋਵਣਾ ॥ ਨਾਮ ਤੇਰੈ ਕੈ ਰੰਗਿ ਦੁਰਮਤਿ ਧੋਵਣਾ ॥ ਜਪਿ ਜਪਿ ਤੁਧੁ ਨਿਰੰਕਾਰ ਭਰਮੁ ਭਉ ਖੋਵਣਾ ॥ ਜੋ ਤੇਰੈ ਰੰਗਿ ਰਤੇ ਸੇ ਜੋਨਿ ਨ ਜੋਵਣਾ ॥ ਅੰਤਰਿ ਬਾਹਰਿ ਇਕੁ ਨੈਣ ਅਲੋਵਣਾ ॥ ਜਿਨ੍ਹੀ ਪਛਾਤਾ ਹੁਕਮੁ ਤਿਨ੍ ਕਦੇ ਨ ਰੋਵਣਾ ॥ ਨਾਉ ਨਾਨਕ ਬਖਸੀਸ ਮਨ ਮਾਹਿ ਪਰੋਵਣਾ ॥੧੮॥ {ਪੰਨਾ 523}

ਪਦਅਰਥ:– ਤਿਵੈ—ਉਸੇ ਤਰ੍ਹਾਂ । ਰੰਗਿ—ਪਿਆਰ ਵਿਚ । ਦੁਰਮਤਿ—ਭੈੜੀ ਮੱਤ । ਨਿਰੰਕਾਰ—ਹੇ ਨਿਰੰਕਾਰ! ਨ ਜੋਵਣਾ—ਜੋਏ ਨਹੀਂ ਜਾਂਦੇ, ਪਾਏ ਨਹੀਂ ਜਾਂਦੇ । ਨੈਣ—ਅੱਖਾਂ ਨਾਲ । ਅਲੋਵਣਾ—ਵੇਖਦੇ ਹਨ । ਨ ਰੋਵਣਾ—ਪਛੁਤਾਂਦੇ ਨਹੀਂ ।

ਅਰਥ:– (ਹੇ ਪ੍ਰਭੂ! ਜਗਤ ਵਿਚ) ਉਸੇ ਤਰ੍ਹਾਂ ਵਰਤਾਰਾ ਵਰਤਦਾ ਹੈ ਜਿਵੇਂ ਤੇਰਾ ਹੁਕਮ ਹੁੰਦਾ ਹੈ, ਜਿਥੇ ਜਿਥੇ ਤੂੰ ਆਪ (ਜੀਵਾਂ ਨੂੰ) ਰੱਖਦਾ ਹੈਂ, ਓਥੇ ਹੀ (ਜੀਵ) ਜਾ ਖਲੋਂਦੇ ਹਨ; ਜੋ ਜੀਵ ਤੇਰੇ ਨਾਮ ਦੇ ਪਿਆਰ ਵਿਚ (ਰਹਿੰਦੇ) ਹਨ ਉਹ ਭੈੜੀ ਮੱਤ ਧੋ ਲੈਂਦੇ ਹਨ, ਹੇ ਨਿਰੰਕਾਰ! ਤੈਨੂੰ ਸਿਮਰ ਸਿਮਰ ਕੇ ਭਟਕਣਾ ਤੇ ਡਰ ਦੂਰ ਕਰ ਲੈਂਦੇ ਹਨ । ਜੋ ਮਨੁੱਖ ਤੇਰੇ ਪਿਆਰ ਵਿਚ ਰੰਗੇ ਜਾਂਦੇ ਹਨ ਉਹ ਜੂਨਾਂ ਵਿਚ ਨਹੀਂ ਪਾਏ ਜਾਂਦੇ, ਅੰਦਰ ਬਾਹਰ (ਹਰ ਥਾਂ) ਉਹ ਇਕ (ਤੈਨੂੰ ਹੀ) ਅੱਖਾਂ ਨਾਲ ਵੇਖਦੇ ਹਨ ।

ਹੇ ਨਾਨਕ! ਜਿਨ੍ਹਾਂ ਨੇ ਪ੍ਰਭੂ ਦਾ ਹੁਕਮ ਪਛਾਣਿਆ ਹੈ ਉਹ ਕਦੇ ਪਛੁਤਾਂਦੇ ਨਹੀਂ (ਕਿਉਂਕਿ ਉਹ ਕਿਸੇ ਵਿਕਾਰ ਵਿਚ ਫਸਦੇ ਹੀ ਨਹੀਂ, ਸਗੋਂ) ਪ੍ਰਭੂ ਦਾ ਨਾਮ-ਰੂਪ ਬਖ਼ਸ਼ੀਸ਼ (ਸਦਾ ਆਪਣੇ) ਮਨ ਵਿਚ ਪਰੋਈ ਰੱਖਦੇ ਹਨ ।੧੮।

ਸਲੋਕ ਮਃ ੫ ॥ ਜੀਵਦਿਆ ਨ ਚੇਤਿਓ ਮੁਆ ਰਲੰਦੜੋ ਖਾਕ ॥ ਨਾਨਕ ਦੁਨੀਆ ਸੰਗਿ ਗੁਦਾਰਿਆ ਸਾਕਤ ਮੂੜ ਨਪਾਕ ॥੧॥ {ਪੰਨਾ 523}

ਪਦਅਰਥ:– ਸਾਕਤ—ਰੱਬ ਨਾਲੋਂ ਟੁੱਟਾ ਹੋਇਆ ਮਨੁੱਖ । ਮੂੜ—ਮੂਰਖ । ਨਪਾਕ—ਗੰਦਾ ।

ਅਰਥ:– ਜਿਤਨਾ ਚਿਰ ਜੀਊਂਦਾ ਰਿਹਾ ਰੱਬ ਨੂੰ ਯਾਦ ਨਾਹ ਕੀਤਾ, ਮਰ ਗਿਆ ਤਾਂ ਮਿੱਟੀ ਵਿਚ ਰਲ ਗਿਆ; ਹੇ ਨਾਨਕ! ਰੱਬ ਨਾਲੋਂ ਟੁੱਟੇ ਹੋਏ ਐਸੇ ਮੂਰਖ ਗੰਦੇ ਮਨੁੱਖ ਨੇ ਦੁਨੀਆ ਨਾਲ ਹੀ (ਜੀਵਨ

ਅਜਾਈਂ) ਗੁਜ਼ਾਰ ਦਿੱਤਾ ।੧।

ਮਃ ੫ ॥ ਜੀਵੰਦਿਆ ਹਰਿ ਚੇਤਿਆ ਮਰੰਦਿਆ ਹਰਿ ਰੰਗਿ ॥ ਜਨਮੁ ਪਦਾਰਥੁ ਤਾਰਿਆ ਨਾਨਕ ਸਾਧੂ ਸੰਗਿ ॥੨॥ {ਪੰਨਾ 523}

ਪਦਅਰਥ:- ਰੰਗਿ—ਪਿਆਰ ਵਿਚ । ਪਦਾਰਥੁ—ਕੀਮਤੀ ਚੀਜ਼, ਅਮੋਲਕ ਸ਼ੈ ।

ਅਰਥ:- ਹੇ ਨਾਨਕ! ਜਿਸ ਮਨੁੱਖ ਨੇ ਸਤ ਸੰਗ ਵਿਚ (ਰਹਿ ਕੇ) ਜੀਊਂਦਿਆਂ (ਸਾਰੀ ਉਮਰ) ਪਰਮਾਤਮਾ ਨੂੰ ਯਾਦ ਰੱਖਿਆ, ਤੇ ਮਰਨ ਵੇਲੇ ਭੀ ਪ੍ਰਭੂ ਦੇ ਪਿਆਰ ਵਿਚ ਰਿਹਾ, ਉਸ ਨੇ ਇਹ ਮਨੁੱਖਾ ਜੀਵਨ-ਰੂਪ ਅਮੋਲਕ ਚੀਜ਼ (ਸੰਸਾਰ-ਸਮੁੰਦਰ ਵਿਚ ਰੁੜ੍ਹਨੋਂ) ਬਚਾ ਲਈ ਹੈ ।੨।

ਪਉੜੀ ॥ ਆਦਿ ਜੁਗਾਦੀ ਆਪਿ ਰਖਣ ਵਾਲਿਆ ॥ ਸਚੁ ਨਾਮੁ ਕਰਤਾਰੁ ਸਚੁ ਪਸਾਰਿਆ ॥ ਊਣਾ ਕਹੀ ਨ ਹੋਇ ਘਟੇ ਘਟਿ ਸਾਰਿਆ ॥ ਮਿਹਰਵਾਨ ਸਮਰਥ ਆਪੇ ਹੀ ਘਾਲਿਆ ॥ ਜਿਨ੍ ਮਨਿ ਵੁਠਾ ਆਪਿ ਸੇ ਸਦਾ ਸੁਖਾਲਿਆ ॥ ਆਪੇ ਰਚਨੁ ਰਚਾਇ ਆਪੇ ਹੀ ਪਾਲਿਆ ॥ ਸਭੁ ਕਿਛੁ ਆਪੇ ਆਪਿ ਬੇਅੰਤ ਅਪਾਰਿਆ ॥ ਗੁਰ ਪੂਰੇ ਕੀ ਟੇਕ ਨਾਨਕ ਸੰਮ੍ਾਲਿਆ ॥੧੯॥ {ਪੰਨਾ 523}

ਪਦਅਰਥ:- ਆਦਿ—ਜਗਤ-ਰਚਨਾ ਦੇ ਸ਼ੁਰੂ ਤੋਂ । ਜੁਗਾਦੀ—ਜੁਗਾਂ ਦੇ ਸ਼ੁਰੂ ਤੋਂ । ਆਦਿ ਜੁਗਾਦੀ—ਭਾਵ, ਸਦਾ ਤੋਂ ਹੀ । ਸਚੁ—ਸਦਾ-ਥਿਰ ਰਹਿਣ ਵਾਲਾ । ਪਸਾਰਿਆ—ਪਸਰ ਰਿਹਾ ਹੈ, ਮੌਜੂਦ ਹੈ । ਊਣਾ—ਘੱਟ, ਖ਼ਾਲੀ । ਸਾਰਿਆ—ਸੰਭਾਲ ਕਰਦਾ ਹੈ । ਘਾਲਿਆ—(ਸਿਮਰਨ ਦੀ) ਘਾਲ ਕਮਾਈ ਕਰਾਂਦਾ ਹੈ । ਵੁਠਾ—ਆ ਵੱਸਿਆ । ਸੰਮ੍ਾਲਿਆ—ਯਾਦ ਕੀਤਾ ਹੈ ।

ਅਰਥ:- ਪਰਮਾਤਮਾ ਸਦਾ ਤੋਂ ਹੀ ਆਪ (ਸਭ ਦੀ) ਰੱਖਿਆ ਕਰਦਾ ਆਇਆ ਹੈ; ਉਸ ਕਰਤਾਰ ਦਾ ਨਾਮ ਸਦਾ-ਥਿਰ ਰਹਿਣ ਵਾਲਾ ਹੈ, ਉਹ ਹਰ ਥਾਂ ਮੌਜੂਦ ਹੈ; ਕੋਈ ਥਾਂ ਉਸ ਤੋਂ ਖ਼ਾਲੀ ਨਹੀਂ; ਹਰੇਕ ਘਟ ਵਿਚ (ਵਿਆਪਕ ਹੋ ਕੇ, ਹਰੇਕ ਦੀ) ਸੰਭਾਲ ਕਰਦਾ ਹੈ, ਸਭ ਜੀਵਾਂ ਤੇ ਮੇਹਰ ਕਰਦਾ ਹੈ, ਸਭ ਕੁਝ ਕਰਨ-ਜੋਗਾ ਹੈ, ਉਹ ਆਪ ਹੀ (ਜੀਵਾਂ ਪਾਸੋਂ ਸਿਮਰਨ ਦੀ) ਕਮਾਈ ਕਰਾਂਦਾ ਹੈ ।

ਜਿਨ੍ਹਾਂ ਬੰਦਿਆਂ ਦੇ ਮਨ ਵਿਚ ਆ ਵੱਸਦਾ ਹੈ ਉਹ ਸਦਾ ਸੁਖੀ ਰਹਿੰਦੇ ਹਨ, ਪ੍ਰਭੂ ਆਪ ਹੀ ਜਗਤ ਪੈਦਾ ਕਰ ਕੇ ਆਪ ਹੀ ਇਸ ਦੀ ਪਾਲਣਾ ਕਰ ਰਿਹਾ ਹੈ, ਉਹ ਬੇਅੰਤ ਹੈ, ਅਪਾਰ ਹੈ, ਸਭ ਕੁਝ ਆਪ ਹੀ ਆਪ ਹੈ ।

ਹੇ ਨਾਨਕ! (ਜਿਸ ਮਨੁੱਖ ਨੇ) ਪੂਰੇ ਗੁਰੂ ਦਾ ਆਸਰਾ ਲਿਆ ਹੈ, ਉਹ ਉਸ ਪ੍ਰਭੂ ਨੂੰ ਯਾਦ ਕਰਦਾ ਹੈ ।੧੯।

ਸਲੋਕ ਮਃ ੫ ॥ ਆਦਿ ਮਧਿ ਅਰੁ ਅੰਤਿ ਪਰਮੇਸਰਿ ਰਖਿਆ ॥ ਸਤਿਗੁਰਿ ਦਿਤਾ ਹਰਿ ਨਾਮੁ ਅੰਮ੍ਰਿਤੁ ਚਖਿਆ ॥ ਸਾਧਾ ਸੰਗੁ ਅਪਾਰੁ ਅਨਦਿਨੁ ਹਰਿ ਗੁਣ ਰਵੈ ॥ ਪਾਏ ਮਨੋਰਥ ਸਭਿ ਜੋਨੀ ਨਹ ਭਵੈ ॥ ਸਭੁ ਕਿਛੁ ਕਰਤੇ ਹਥਿ ਕਾਰਣੁ ਜੋ ਕਰੈ ॥ ਨਾਨਕੁ ਮੰਗੈ ਦਾਨੁ ਸੰਤਾ ਧੂਰਿ ਤਰੈ ॥੧॥ {ਪੰਨਾ 523}

ਪਦਅਰਥ:- ਆਦਿ—ਸ਼ੁਰੂ ਵਿਚ । ਮਧਿ—ਵਿਚਕਾਰਲੇ ਸਮੇ । ਅੰਤਿ—ਅਖ਼ੀਰ ਵਿਚ । ਆਦਿ ਮਧਿ ਅਰੁ ਅੰਤਿ—ਭਾਵ, ਸਦਾ ਹੀ । ਪਰਮੇਸਰਿ—ਪਰਮੇਸਰ ਨੇ । ਸਤਿਗੁਰਿ—ਸਤਿਗੁਰ ਨੇ । ਰਵੈ—ਯਾਦ ਕਰਦਾ ਹੈ । ਸਭਿ—ਸਾਰੇ । ਕਾਰਣੁ—ਸਬੱਬ, ਵਸੀਲਾ । ਤਰੈ—ਤਰ ਜਾਏ ।

ਅਰਥ:- (ਵਿਘਨਾਂ ਵਿਕਾਰਾਂ ਤੋਂ) ਪਰਮੇਸਰ ਨੇ ਆਪ (ਆਪਣੇ ਸੇਵਕ ਨੂੰ) ਸਦਾ ਹੀ ਬਚਾਇਆ ਹੈ, (ਜਿਸ ਸੇਵਕ ਦੀ ਪ੍ਰਭੂ ਨੇ ਰੱਖਿਆ ਕੀਤੀ ਹੈ, ਉਸ ਨੂੰ) ਸਤਿਗੁਰੂ ਨੇ ਪ੍ਰਭੂ ਨਾਮ ਦਿੱਤਾ ਹੈ, (ਉਸ ਸੇਵਕ ਨੇ) ਨਾਮ-ਅੰਮ੍ਰਿਤ ਚੱਖਿਆ ਹੈ, (ਉਸ ਨੂੰ) ਅਮੋਲਕ ਸਤ-ਸੰਗ (ਮਿਲਿਆ ਹੈ, ਜਿਥੇ) ਹਰ ਵੇਲੇ (ਉਹ ਸੇਵਕ) ਹਰੀ ਦੇ ਗੁਣ ਚੇਤੇ ਕਰਦਾ ਹੈ, ਉਸ ਦੇ ਸਾਰੇ ਮਨੋਰਥ ਪੂਰੇ ਹੋ ਜਾਂਦੇ ਹਨ (ਭਾਵ, ਸਾਰੀਆਂ ਵਾਸ਼ਨਾਂ ਮਿਟ ਜਾਂਦੀਆਂ ਹਨ, ਤੇ) ਉਹ ਜੂਨਾਂ ਵਿਚ ਨਹੀਂ ਭਟਕਦਾ । ਪਰ ਇਹ ਸਾਰੀ ਮੇਹਰ ਕਰਤਾਰ ਦੇ ਹੱਥ ਵਿਚ ਹੈ, ਜੋ ਉਹੀ ਆਪ (ਆਪਣੇ ਲਈ ਸਿਮਰਨ ਦਾ) ਵਸੀਲਾ ਪੈਦਾ ਕਰਦਾ ਹੈ ।

ਨਾਨਕ (ਭੀ, ਉਸੇ ਦੇ ਦਰ ਤੋਂ) ਦਾਨ ਮੰਗਦਾ ਹੈ ਕਿ (ਨਾਨਕ ਭੀ) ਸੰਤਾਂ ਦੀ ਚਰਨ-ਧੂੜ ਲੈ ਕੇ (ਭਾਵ, ਸਾਧ ਸੰਗਤਿ ਵਿਚ ਰਹਿ ਕੇ, ਇਸ ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਏ ।੧।

ਮਃ ੫ ॥ ਤਿਸ ਨੋ ਮੰਨਿ ਵਸਾਇ ਜਿਨਿ ਉਪਾਇਆ ॥ ਜਿਨਿ ਜਨਿ ਧਿਆਇਆ ਖਸਮੁ ਤਿਨਿ ਸੁਖੁ ਪਾਇਆ ॥ ਸਫਲੁ ਜਨਮੁ ਪਰਵਾਨੁ ਗੁਰਮੁਖਿ ਆਇਆ ॥ ਹੁਕਮੈ ਬੁਝਿ ਨਿਹਾਲੁ ਖਸਮਿ ਫੁਰਮਾਇਆ ॥ ਜਿਸੁ ਹੋਆ ਆਪਿ ਕ੍ਰਿਪਾਲੁ ਸੁ ਨਹ ਭਰਮਾਇਆ ॥ ਜੋ ਜੋ ਦਿਤਾ ਖਸਮਿ ਸੋਈ ਸੁਖੁ ਪਾਇਆ ॥ ਨਾਨਕ ਜਿਸਹਿ ਦਇਆਲੁ ਬੁਝਾਏ ਹੁਕਮੁ ਮਿਤ ॥ ਜਿਸਹਿ ਭੁਲਾਏ ਆਪਿ ਮਰਿ ਮਰਿ ਜਮਹਿ ਨਿਤ ॥੨॥ {ਪੰਨਾ 523}

ਪਦਅਰਥ:- ਮੰਨਿ—ਮਨ ਵਿਚ । ਜਿਨਿ—ਜਿਸ (ਪ੍ਰਭੂ) ਨੇ । ਜਨਿ—ਜਨ ਨੇ । ਜਿਨਿ ਜਨਿ—ਜਿਸ ਮਨੁੱਖ ਨੇ । ਤਿਨਿ—ਉਸ ਮਨੁੱਖ ਨੇ । ਸਫਲੁ—ਫਲ ਸਹਿਤ, ਕਾਮਯਾਬ । ਖਸਮਿ—ਖਸਮ ਨੇ । ਜਿਸਹਿ—ਜਿਸ ਜਿਸ ਨੂੰ । ਜਮਹਿ—ਜੰਮਦੇ ਹਨ ।

ਅਰਥ:- (ਹੇ ਭਾਈ!) ਉਸ (ਪ੍ਰਭੂ) ਨੂੰ (ਆਪਣੇ) ਮਨ ਵਿਚ ਵਸਾ ਜਿਸ ਨੇ (ਤੈਨੂੰ) ਪੈਦਾ ਕੀਤਾ ਹੈ, ਜਿਸ ਮਨੁੱਖ ਨੇ ਖਸਮ (-ਪ੍ਰਭੂ) ਨੂੰ ਸਿਮਰਿਆ ਹੈ ਉਸ ਨੇ ਸੁਖ ਪਾਇਆ ਹੈ, ਉਸ ਗੁਰਮੁਖਿ ਦਾ (ਜਗਤ ਵਿਚ) ਆਉਣਾ ਮੁਬਾਰਿਕ ਹੈ, ਉਸ ਦੀ ਜ਼ਿੰਦਗੀ ਕਾਮਯਾਬ ਹੋ ਗਈ ਹੈ, ਖਸਮ (ਪ੍ਰਭੂ ਨੇ) ਜੋ ਹੁਕਮ ਦਿੱਤਾ, ਉਸ ਹੁਕਮ ਨੂੰ ਸਮਝ ਕੇ ਉਹ (ਗੁਰਮੁਖਿ) ਸਦਾ ਖਿੜਿਆ ਰਹਿੰਦਾ ਹੈ ।

ਜਿਸ ਮਨੁੱਖ ਤੇ ਪ੍ਰਭੂ ਆਪ ਮੇਹਰਵਾਨ ਹੋਇਆ ਹੈ ਉਹ ਭਟਕਣਾ ਵਿਚ ਨਹੀਂ ਪੈਂਦਾ, ਖਸਮ (-ਪ੍ਰਭੂ) ਨੇ ਜੋ ਕੁਝ ਉਸ ਨੂੰ ਦਿੱਤਾ, ਉਹ ਉਸ ਨੂੰ ਸੁਖ ਹੀ ਪ੍ਰਤੀਤ ਹੋਇਆ ਹੈ ।

ਹੇ ਨਾਨਕ! ਜਿਸ ਮਨੁੱਖ ਤੇ ਮਿੱਤਰ (ਪ੍ਰਭੂ) ਮੇਹਰਵਾਨ ਹੁੰਦਾ ਹੈ ਉਸ ਨੂੰ ਆਪਣੇ ਹੁਕਮ ਦੀ ਸੂਝ ਬਖ਼ਸ਼ਦਾ ਹੈ, ਪਰ, ਜਿਸ ਜਿਸ ਜੀਵ ਨੂੰ ਭੁੱਲ ਵਿਚ ਪਾਂਦਾ ਹੈ ਉਹ ਨਿੱਤ ਮੁੜ ਮੁੜ ਮਰਦੇ ਜੰਮਦੇ ਰਹਿੰਦੇ ਹਨ ।੨।

ਪਉੜੀ ॥ ਨਿੰਦਕ ਮਾਰੇ ਤਤਕਾਲਿ ਖਿਨੁ ਟਿਕਣ ਨ ਦਿਤੇ ॥ ਪ੍ਰਭ ਦਾਸ ਕਾ ਦੁਖੁ ਨ ਖਵਿ ਸਕਹਿ ਫੜਿ ਜੋਨੀ ਜੁਤੇ ॥ ਮਥੇ ਵਾਲਿ ਪਛਾੜਿਅਨੁ ਜਮ ਮਾਰਗਿ ਮੁਤੇ ॥ ਦੁਖਿ ਲਗੈ

ਬਿਲਲਾਣਿਆ ਨਰਕਿ ਘੋਰਿ ਸੁਤੇ ॥ ਕੰਠਿ ਲਾਇ ਦਾਸ ਰਖਿਅਨੁ ਨਾਨਕ ਹਰਿ ਸਤੇ ॥੨੦॥ {ਪੰਨਾ 523-524}

ਪਦਅਰਥ:- ਤਤਕਾਲਿ—ਉਸੇ ਵੇਲੇ । ਨ ਖਵਿ ਸਕਹਿ—ਸਹਾਰ ਨਹੀਂ ਸਕਦੇ । ਜੁਤੇ—ਜੋ ਦਿੱਤੇ, ਪਾ ਦਿੱਤੇ । ਮਥੇ ਵਾਲਿ—ਮੱਥੇ ਦੇ ਵਾਲਾਂ ਤੋਂ (ਫੜ ਕੇ) । ਪਛਾੜਿਅਨੁ—ਪਛਾੜੇ ਹਨ ਉਸ ਪ੍ਰਭੂ ਨੇ, ਭੁੰਞੇ ਪਟਕਾ ਕੇ ਮਾਰੇ ਹਨ ਉਸ ਨੇ । ਜਮ ਮਾਰਗਿ—ਜਮ ਦੇ ਰਾਹ ਤੇ । ਮੁਤੇ—ਛੱਡ ਦਿੱਤੇ ਹਨ । ਦੁਖਿ—(ਅਧਿਕਰਣ ਕਾਰਕ, ਇਕ-ਵਚਨ) । ਦੁਖਿ ਲਗੈ—(ਪੂਰਬ ਪੂਰਨ ਕਾਰਦੰਤਕ, Locative Absolute) ਦੁੱਖ ਲੱਗਣ ਕਰ ਕੇ । ਨਰਕਿ ਘੋਰਿ—ਘੋਰ ਨਰਕ ਵਿਚ, ਡਰਾਉਣੇ ਨਰਕ ਵਿਚ । ਸੁਤੇ—ਜਾ ਪਏ । ਰਖਿਅਨੁ—ਰੱਖ ਲਏ ਉਸ (ਪ੍ਰਭੂ) ਨੇ । ਸਤੇ—ਸਤਿ, ਸੱਚਾ ।

ਅਰਥ:- ਜੋ ਮਨੁੱਖ (ਗੁਰਮੁਖਾਂ ਦੀ) ਨਿੰਦਿਆ ਕਰਦੇ ਹਨ ਉਹ ਤਾਂ ਪ੍ਰਭੂ ਨੇ (ਮਾਨੋ) ਉਸੇ ਵੇਲੇ ਹੀ ਮਾਰ ਦਿੱਤੇ, (ਕਿਉਂਕਿ ਨਿੰਦਾ ਦੇ ਕਾਰਨ ਪ੍ਰਭੂ ਨੇ ਉਹਨਾਂ ਦੇ ਮਨ ਨੂੰ) ਇਕ ਪਲਕ ਭਰ ਭੀ ਸ਼ਾਂਤੀ ਨਹੀਂ ਕਰਨ ਦਿੱਤੀ, ਪ੍ਰਭੂ ਜੀ ਆਪਣੇ ਦਾਸਾਂ ਦਾ ਦੁੱਖ ਸਹਾਰ ਨਹੀਂ ਸਕਦੇ (ਭਾਵ) ਪ੍ਰਭੂ ਦੀ ਬੰਦਗੀ ਕਰਨ ਵਾਲਿਆਂ ਨੂੰ ਕੋਈ ਦੁੱਖ ਵਿਕਾਰ ਨਹੀਂ ਪੋਂਹਦਾ, ਪਰ ਨਿੰਦਕਾਂ ਨੂੰ ਪ੍ਰਭੂ ਨੇ ਜੂਨ ਵਿਚ ਪਾ ਦਿੱਤਾ ਹੈ, (ਨਿੰਦਕਾਂ ਨੂੰ, ਮਾਨੋ,) ਉਸ ਨੇ ਕੇਸਾਂ ਤੋਂ ਫੜ ਕੇ ਭੁੰਞੇ ਪਟਕਾ ਮਾਰਿਆ ਹੈ ਤੇ ਜਮ ਦੇ ਰਾਹ ਤੇ (ਨਿਖਸਮੇ) ਛੱਡ ਦਿੱਤਾ ਹੈ; ਇਸ ਤਰ੍ਹਾਂ ਦੁੱਖ ਲੱਗਣ ਕਰ ਕੇ ਉਹ ਵਿਲਕਦੇ ਹਨ, ਤੇ ਮਾਨੋ, ਘੋਰ ਨਰਕ ਵਿਚ ਜਾ ਪੈਂਦੇ ਹਨ ।

ਪਰ ਹੇ ਨਾਨਕ! ਸੱਚੇ ਪ੍ਰਭੂ ਨੇ ਆਪਣੇ ਸੇਵਕਾਂ ਨੂੰ (ਵਿਕਾਰਾਂ ਦੁੱਖਾਂ ਤੋਂ, ਮਾਨੋ) ਗਲ ਲਾ ਕੇ ਬਚਾ ਲਿਆ ਹੈ ।੨੦।

ਸਲੋਕ ਮਃ ੫ ॥ ਰਾਮੁ ਜਪਹੁ ਵਡਭਾਗੀਹੋ ਜਲਿ ਥਲਿ ਪੂਰਨੁ ਸੋਇ ॥ ਨਾਨਕ ਨਾਮਿ ਧਿਆਇਐ ਬਿਘਨੁ ਨ ਲਾਗੈ ਕੋਇ ॥੧॥ {ਪੰਨਾ 524}

ਨੋਟ:- ਇਸੇ ਵਾਰ ਦੀ ੧੪ਵੀਂ ਪਉੜੀ ਦੇ ਦੂਜੇ ਸਲੋਕ ਅਤੇ ਇਸ ਸਲੋਕ ਵਿਚ ਬਹੁਤ ਹੀ ਥੋੜਾ ਜਿਤਨਾ ਫ਼ਰਕ ਹੈ ।

ਪਦਅਰਥ:- ਪੂਰਨੁ—ਵਿਆਪਕ । (ਨਾਮਿ—ਅਧਿਕਰਣ ਕਾਰਕ, ਇਕ-ਵਚਨ) । ਨਾਮਿ ਧਿਆਇਐ—ਜੇ ਨਾਮ ਸਿਮਰਿਆ ਜਾਏ ।

ਅਰਥ:- ਹੇ ਵੱਡੇ ਭਾਗਾਂ ਵਾਲਿਓ! ਉਸ ਪ੍ਰਭੂ ਨੂੰ ਜਪੋ ਜੋ ਪਾਣੀ ਵਿਚ, ਧਰਤੀ ਉੱਤੇ (ਹਰ ਥਾਂ) ਮੌਜੂਦ ਹੈ; ਹੇ ਨਾਨਕ! ਜੇ ਪ੍ਰਭੂ ਦਾ ਨਾਮ ਸਿਮਰੀਏ ਤਾਂ (ਜੀਵਨ ਦੇ ਰਾਹ ਵਿਚ) ਕੋਈ ਰੁਕਾਵਟ ਨਹੀਂ ਪੈਂਦੀ ।

ਮਃ ੫ ॥ ਕੋਟਿ ਬਿਘਨ ਤਿਸੁ ਲਾਗਤੇ ਜਿਸ ਨੋ ਵਿਸਰੈ ਨਾਉ ॥ ਨਾਨਕ ਅਨਦਿਨੁ ਬਿਲਪਤੇ ਜਿਉ ਸੁੰਞੈ ਘਰਿ ਕਾਉ ॥੨॥ {ਪੰਨਾ 524}

ਨੋਟ:- ਇਸੇ 'ਵਾਰ' ਦੀ ਪਉੜੀ ਨੰ: ੧੫ ਦੇ ਨਾਲ ਪਹਿਲਾ ਸ਼ਲੋਕ ਇਹੀ ਹੈ ।

ਅਰਥ:- ਜਿਸ ਮਨੁੱਖ ਨੂੰ ਪਰਮਾਤਮਾ ਦਾ ਨਾਮ ਵਿਸਰ ਜਾਂਦਾ ਹੈ ਉਸ ਨੂੰ ਕ੍ਰੋੜਾਂ ਵਿਘਨ ਆ ਘੇਰਦੇ

ਹਨ; ਹੇ ਨਾਨਕ! (ਅਜੇਹੇ ਬੰਦੇ) ਹਰ ਰੋਜ਼ ਇਉਂ ਵਿਲਕਦੇ ਹਨ ਜਿਵੇਂ ਸੁੰਞੇ ਘਰ ਵਿਚ ਕਾਂ ਲੌਂਦਾ ਹੈ ।੨।

ਪਉੜੀ ॥ ਸਿਮਰਿ ਸਿਮਰਿ ਦਾਤਾਰੁ ਮਨੋਰਥ ਪੂਰਿਆ ॥ ਇਛ ਪੁੰਨੀ ਮਨਿ ਆਸ ਗਏ ਵਿਸੂਰਿਆ ॥ ਪਾਇਆ ਨਾਮੁ ਨਿਧਾਨੁ ਜਿਸ ਨੋ ਭਾਲਦਾ ॥ ਜੋਤਿ ਮਿਲੀ ਸੰਗਿ ਜੋਤਿ ਰਹਿਆ ਘਾਲਦਾ ॥ ਸੂਖ ਸਹਜ ਆਨੰਦ ਵੁਠੇ ਤਿਤੁ ਘਰਿ ॥ ਆਵਣ ਜਾਣ ਰਹੇ ਜਨਮੁ ਨ ਤਹਾ ਮਰਿ ॥ ਸਾਹਿਬੁ ਸੇਵਕੁ ਇਕੁ ਇਕੁ ਦ੍ਰਿਸਟਾਇਆ ॥ ਗੁਰ ਪ੍ਰਸਾਦਿ ਨਾਨਕ ਸਚਿ ਸਮਾਇਆ ॥੨੧॥੧॥੨॥ ਸੁਧੁ {ਪੰਨਾ 524}

ਪਦਅਰਥ:- ਪੁੰਨੀ—ਪੂਰੀ ਹੋ ਗਈ । ਮਨਿ—ਮਨ ਵਿਚ । ਵਿਸੂਰਿਆ—ਵਿਸੂਰੇ, ਝੋਰੇ । ਰਹਿਆ—ਰਹਿ ਗਿਆ, ਹਟ ਗਿਆ । ਰਹਿਆ ਘਾਲਦਾ—ਮਿਹਨਤ ਦੀ ਲੋੜ ਨਾਹ ਰਹੀ । ਤਿਤੁ ਘਰਿ—ਉਸ (ਹਿਰਦੇ-ਰੂਪ) ਘਰ ਵਿਚ । ਮਰਿ—ਮਰੀ, ਮੌਤ । ਦ੍ਰਿਸਟਾਇਆ—ਨਜ਼ਰੀਂ ਆਇਆ । ਸਚਿ—ਸੱਚੇ ਹਰੀ ਵਿਚ ।

ਅਰਥ:- ਸਭ ਦਾਤਾਂ ਦੇਣ ਵਾਲੇ ਪਰਮਾਤਮਾ ਨੂੰ ਸਿਮਰ ਸਿਮਰ ਕੇ (ਮਨ ਦੇ) ਮਨੋਰਥ ਪੂਰੇ ਹੋ ਜਾਂਦੇ ਹਨ, ਮਨ ਵਿਚ (ਉਠਦੀਆਂ) ਆਸਾਂ ਤੇ ਇੱਛਾਂ ਪੂਰੀਆਂ ਹੋ ਜਾਂਦੀਆਂ ਹਨ, ਤੇ (ਦੁਨੀਆ ਵਾਲੇ) ਝੋਰੇ ਮਿਟ ਜਾਂਦੇ ਹਨ (ਕਿਉਂਕਿ ਸਿਮਰਨ ਦੀ ਬਰਕਤਿ ਨਾਲ 'ਮਾਇਆ' ਦੀ ਭਾਲ ਮਿਟ ਜਾਂਦੀ ਹੈ, ਆਸਾ ਤ੍ਰਿਸ਼ਨਾ ਮੁੱਕ ਜਾਂਦੀ ਹੈ, ਇਸ ਦੇ ਥਾਂ) ਜਿਸ 'ਨਾਮ'-ਖ਼ਜ਼ਾਨੇ ਦੀ ਭਾਲ ਵਿਚ ਲੱਗਦਾ ਹੈ ਉਹ ਇਸ ਨੂੰ ਪ੍ਰਾਪਤ ਹੋ ਜਾਂਦਾ ਹੈ, ਮਨੁੱਖ ਦੀ ਆਤਮਾ ਪ੍ਰਭੂ ਦੀ ਜੋਤਿ ਵਿਚ ਲੀਨ ਹੋ ਜਾਂਦੀ ਹੈ ਤੇ (ਮਾਇਆ ਦੀ ਖ਼ਾਤਰ) ਦੌੜ-ਭੱਜ ਭਟਕਣਾ ਰਹਿ ਜਾਂਦੀ ਹੈ ।

(ਜੋ ਮਨੁੱਖ ਸਿਮਰਨ ਦੀ ਕਮਾਈ ਕਰਦਾ ਹੈ) ਉਸ (ਦੇ) ਹਿਰਦੇ-ਘਰ ਵਿਚ ਸੁਖ, ਅਡੋਲਤਾ, ਖ਼ੁਸ਼ੀ ਆ ਵੱਸਦੇ ਹਨ, ਉਸ ਦੇ ਜਨਮ ਮਰਨ ਮੁੱਕ ਜਾਂਦੇ ਹਨ, ਓਥੇ ਜਨਮ ਤੇ ਮੌਤ ਰਹਿ ਨਹੀਂ ਜਾਂਦੇ, ਕਿਉਂਕਿ (ਇਸ ਅਵਸਥਾ ਵਿਚ ਅੱਪੜਿਆ ਹੋਇਆ) ਸੇਵਕ ਤੇ ਮਾਲਕ-ਪ੍ਰਭੂ ਇਕ-ਰੂਪ ਨਜ਼ਰੀਂ ਆਉਂਦੇ ਹਨ । ਹੇ ਨਾਨਕ! (ਐਸਾ ਸੇਵਕ) ਸਤਿਗੁਰੂ ਦੀ ਕਿਰਪਾ ਨਾਲ ਸਦਾ-ਥਿਰ ਰਹਿਣ ਵਾਲੇ ਪ੍ਰਭੂ ਵਿਚ ਲੀਨ ਹੋ ਜਾਂਦਾ ਹੈ ।੨੧।੧।੨।ਸੁਧੁ।

ਨੋਟ:- ਅੰਕ ਨੰ: ੨੧ ਦਾ ਭਾਵ ਇਹ ਹੈ ਕਿ ਇਸ 'ਵਾਰ' ਵਿਚ ੨੧ ਪਉੜੀਆਂ ਹਨ । ਅੰਕ ਨੰ: ੧ ਇਸ ਸਾਰੀ ਸਮੁੱਚੀ 'ਵਾਰ' ਦਾ ਨੰਬਰ ਹੈ । ਅੰਕ ਨੰ: ੨ ਇਸ ਰਾਗ ਦੀਆਂ ਦੋਹਾਂ ਵਾਰਾਂ ਦਾ ਜੋੜ ਦਿੱਤਾ ਗਿਆ ਹੈ । ਪਹਿਲੀ 'ਵਾਰ' ਗੁਰੂ ਅਮਰਦਾਸ ਜੀ ਦੀ ਅਤੇ ਇਹ ਦੂਜੀ ਵਾਰ ਗੁਰੂ ਅਰਜਨ ਸਾਹਿਬ ਦੀ ਹੈ ।

ਰਾਗੁ ਗੂਜਰੀ ਭਗਤਾ ਕੀ ਬਾਣੀ ੴ ਸਤਿਗੁਰ ਪ੍ਰਸਾਦਿ ॥ ਸ੍ਰੀ ਕਬੀਰ ਜੀਉ ਕਾ ਚਉਪਦਾ ਘਰੁ ੨ ਦੂਜਾ ॥ ਚਾਰਿ ਪਾਵ ਦੁਇ ਸਿੰਗ ਗੁੰਗ ਮੁਖ ਤਬ ਕੈਸੇ ਗੁਨ ਗਈਹੈ ॥ ਊਠਤ ਬੈਠਤ ਠੇਗਾ ਪਰਿਹੈ ਤਬ ਕਤ ਮੂਡ ਲੁਕਈਹੈ ॥੧॥ ਹਰਿ ਬਿਨੁ ਬੈਲ ਬਿਰਾਨੇ ਹੁਈਹੈ ॥ ਫਾਟੇ ਨਾਕਨ ਟੂਟੇ ਕਾਧਨ ਕੋਦਉ ਕੋ ਭੁਸੁ ਖਈਹੈ ॥੧॥ ਰਹਾਉ ॥ ਸਾਰੋ ਦਿਨੁ ਡੋਲਤ ਬਨ ਮਹੀਆ ਅਜਹੁ ਨ ਪੇਟ ਅਘਈਹੈ ॥ ਜਨ ਭਗਤਨ ਕੋ ਕਹੋ ਨ ਮਾਨੋ ਕੀਓ ਅਪਨੋ

ਪਈਹੈ ॥੨॥ ਦੁਖ ਸੁਖ ਕਰਤ ਮਹਾ ਭ੍ਰਮਿ ਬੂਡੋ ਅਨਿਕ ਜੋਨਿ ਭਰਮਈਹੈ ॥ ਰਤਨ ਜਨਮੁ ਖੋਇਓ ਪ੍ਰਭੁ ਬਿਸਰਿਓ ਇਹੁ ਅਉਸਰੁ ਕਤ ਪਈਹੈ ॥੩॥ ਭ੍ਰਮਤ ਫਿਰਤ ਤੇਲਕ ਕੇ ਕਪਿ ਜਿਉ ਗਤਿ ਬਿਨੁ ਰੈਨਿ ਬਿਹਈਹੈ ॥ ਕਹਤ ਕਬੀਰ ਰਾਮ ਨਾਮ ਬਿਨੁ ਮੂੰਡ ਧੁਨੇ ਪਛੁਤਈਹੈ ॥੪॥੧॥ {ਪੰਨਾ 524}

ਨੋਟ:- ਘਰੁ ੨ ਦੂਜਾ—ਇੱਥੇ ਅੰਕ '੨' ਨੂੰ ਪੜ੍ਹਨਾ ਹੈ 'ਦੂਜਾ' । ਇਸੇ ਤਰ੍ਹਾਂ ਹੋਰ ਭੀ ਜਿਥੇ ਜਿਥੇ ਕਿਤੇ ਲਫ਼ਜ਼ 'ਘਰੁ' ਦੇ ਨਾਲ ਕੋਈ ਹਿੰਦਸਾ ੩, ੪, ੫ ਆਦਿਕ ਆਉਂਦਾ ਹੈ, ਉਸ ਨੂੰ ਤੀਜਾ, ਚੌਥਾ, ਪੰਜਵਾਂ ਪੜ੍ਹਨਾ ਹੈ । ਚਉਪਦਾ—{ਚਉ—ਚਾਰ । ਪਦ—ਬੰਦ} ਚਾਰ ਬੰਦਾਂ ਵਾਲਾ ਸ਼ਬਦ ।

ਪਦਅਰਥ:- ਪਾਵ—ਪੈਰ {ਲਫ਼ਜ਼ 'ਪਾਉ' ਤੋਂ ਬਹੁ-ਵਚਨ} । ਦੁਇ—ਦੋ । ਗਈ ਹੈ—ਗਾਵੇਂਗਾ । ਗੁਨ—ਪ੍ਰਭੂ ਦੇ ਗੁਣ । ਠੇਗਾ—ਸੋਟਾ । ਪਰਿ ਹੈ—ਪਏਗਾ । ਕਤ—ਕਿਥੇ? ਮੂਡ—ਸਿਰ । ਲੁਕਈ ਹੈ—ਲੁਕਾਏਂਗਾ ।੧।

ਬਿਰਾਨੇ—ਬਿਗਾਨਾ, ਪਰ-ਅਧੀਨ । ਹੁਈ ਹੈ—ਹੋਵੇਂਗਾ । ਫਾਟੇ—ਪਾਟੇ ਹੋਏ, ਚੀਰੇ ਹੋਏ । ਕਾਧਨ—ਕੰਨ੍ਹ, ਮੋਢੇ । ਭੁਸੁ—ਭੋਹ । ਖਈ ਹੈ—ਖਾਏਂਗਾ ।੧।ਰਹਾਉ।

ਮਹੀਆ—ਵਿਚ । ਅਘਈ ਹੈ—ਰੱਜੇਂਗਾ । ਅਜਹੁ—ਫਿਰ ਭੀ । ਕਹੋ—ਆਖਿਆ, ਕਹਿਆ, ਸਿੱਖਿਆ । ਪਈ ਹੈ—ਪਏਂਗਾ ।੨।

ਦੁਖ ਸੁਖ ਕਰਤ—ਦੁਖ ਸੁਖ ਕਰਦਿਆਂ, ਭੈੜੇ ਹਾਲ ਵਿਚ ਦਿਨ ਗੁਜ਼ਾਰ ਕੇ । ਭ੍ਰਮਿ—ਭਰਮ ਵਿਚ । ਭਰਮਈ ਹੈ—ਭਟਕੇਂਗਾ । ਅਉਸਰੁ—ਮੌਕਾ, ਸਮਾਂ । ਕਤ ਪਈ ਹੈ—ਕਿਥੇ ਮਿਲੇਗਾ? ਫਿਰ ਨਹੀਂ ਮਿਲੇਗਾ ।੩।

ਤੇਲਕ—ਤੇਲੀ । ਕਪਿ—ਬਾਂਦਰ । ਤੇਲਕ ਕੇ ਕਪਿ ਜਿਉ—ਤੇਲਕ ਕੇ (ਬਲਦ ਅਤੇ) ਕਪਿ ਜਿਉਂ, ਤੇਲੀ ਦੇ ਬਲਦ ਵਾਂਗ ਅਤੇ ਬਾਂਦਰ ਵਾਂਗ । ਤੇਲੀ ਦਾ ਬਲਦ ਸਾਰੀ ਰਾਤ ਕੋਹਲੂ ਦੇ ਦੁਆਲੇ ਹੀ ਭੌਂਦਾ ਹੈ, ਤੇ ਉਸ ਦਾ ਪੈਂਡਾ ਮੁੱਕਦਾ ਨਹੀਂ । ਬਾਂਦਰ ਛੋਲਿਆਂ ਦੀ ਭਰੀ ਮੁੱਠ ਦੇ ਲਾਲਚ ਵਿਚ ਪਕੜਿਆ ਜਾ ਕੇ ਸਾਰੀ ਉਮਰ ਦਰ ਦਰ ਤੇ ਨੱਚਦਾ ਹੈ ।

ਗਤਿ ਬਿਨੁ—ਖ਼ਲਾਸੀ ਤੋਂ ਬਿਨਾ । ਰੈਨਿ—ਰਾਤ, ਜ਼ਿੰਦਗੀ-ਰੂਪ ਰਾਤ । ਬਿਹਈ ਹੈ—ਵਿਹਾ ਜਾਇਗੀ, ਮੁੱਕ ਜਾਇਗੀ । ਮੂੰਡ ਧੁਨੇ—ਮੂੰਡ ਧੁਨਿ ਧੁਨਿ, ਸਿਰ ਮਾਰ ਮਾਰ ਕੇ । ਪਛੁਤਈ ਹੈ—ਪਛਤਾਏਂਗਾ ।੪।

ਅਰਥ:- (ਹੇ ਭਾਈ! ਕਿਸੇ ਪਸ਼ੂ-ਜੂਨ ਵਿਚ ਪੈ ਕੇ ਜਦੋਂ ਤੇਰੇ) ਚਾਰ ਪੈਰ ਤੇ ਦੋ ਸਿੰਙ ਹੋਣਗੇ, ਤੇ ਮੂੰਹੋਂ ਗੁੰਗਾ ਹੋਵੇਂਗਾ, ਤਦੋਂ ਤੂੰ ਕਿਸ ਤਰ੍ਹਾਂ ਪ੍ਰਭੂ ਦੇ ਗੁਣ ਗਾ ਸਕੇਂਗਾ? ਉਠਦਿਆਂ ਬੈਠਦਿਆਂ (ਤੇਰੇ ਸਿਰ ਉੱਤੇ) ਸੋਟਾ ਪਏਗਾ, ਤਦੋਂ ਤੂੰ ਕਿਥੇ ਸਿਰ ਲੁਕਾਏਂਗਾ? ।੧।

(ਹੇ ਭਾਈ! ਪ੍ਰਭੂ ਦਾ ਸਿਮਰਨ ਕਰਨ ਤੋਂ ਬਿਨਾ ਬਲਦ (ਆਦਿਕ ਪਸ਼ੂ ਬਣ ਕੇ) ਪਰ-ਅਧੀਨ ਹੋ ਜਾਏਂਗਾ, (ਨੱਥ ਨਾਲ) ਨੱਕ ਵਿੰਨ੍ਹਿਆ ਜਾਏਗਾ, ਕੰਨ (ਜੂਲੇ ਨਾਲ) ਫਿੱਸੇ ਹੋਏ ਹੋਣਗੇ ਤੇ ਕੋਧਰੇ ਦਾ ਭੋਹ ਖਾਏਂਗਾ ।੧।ਰਹਾਉ।

ਜੰਗਲ (ਜੂਹ) ਵਿਚ ਸਾਰਾ ਦਿਨ ਭਟਕਦਿਆਂ ਭੀ ਪੇਟ ਨਹੀਂ ਰੱਜੇਗਾ । ਹੁਣ ਐਸ ਵੇਲੇ ਤੂੰ ਭਗਤ ਜਨਾਂ

ਦਾ ਬਚਨ ਨਹੀਂ ਮੰਨਦਾ, (ਉਮਰ ਵਿਹਾ ਜਾਣ ਤੇ) ਆਪਣਾ ਕੀਤਾ ਪਾਏਂਗਾ ।੨।

ਹੁਣ ਭੈੜੇ ਹਾਲ ਵਿਚ ਦਿਨ ਗੁਜ਼ਾਰ ਕੇ ਕੁਰਾਹੇ ਗ਼ਰਕ ਹੋਇਆ ਹੋਇਆ ਹੈਂ, (ਆਖ਼ਰ) ਅਨੇਕਾਂ ਜੂਨਾਂ ਵਿਚ ਭਟਕੇਂਗਾ । ਤੂੰ ਪ੍ਰਭੂ ਨੂੰ ਵਿਸਾਰ ਦਿੱਤਾ ਹੈ, ਤੇ ਸ੍ਰੇਸ਼ਟ ਮਨੁੱਖਾ ਜਨਮ ਗੰਵਾ ਲਿਆ ਹੈ, ਇਹ ਸਮਾ ਫੇਰ ਕਿਤੇ ਨਹੀਂ ਮਿਲੇਗਾ ।੩।

ਤੇਰੀ ਜ਼ਿੰਦਗੀ-ਰੂਪ ਸਾਰੀ ਰਾਤ ਤੇਲੀ ਦੇ ਬਲਦ ਅਤੇ ਬਾਂਦਰ ਵਾਂਗ ਭਟਕਦਿਆਂ ਵਿਕਾਰਾਂ ਤੋਂ ਖ਼ਲਾਸੀ ਹਾਸਲ ਕਰਨ ਤੋਂ ਬਿਨਾ ਹੀ ਲੰਘ ਜਾਇਗੀ । ਕਬੀਰ ਆਖਦਾ ਹੈ ਕਿ ਪ੍ਰਭੂ ਦਾ ਨਾਮ ਭੁਲਾ ਕੇ ਆਖ਼ਰ ਸਿਰ ਮਾਰ ਮਾਰ ਕੇ ਪਛਤਾਵੇਂਗਾ ।੪।੧।

ਸ਼ਬਦ ਦਾ ਭਾਵ:- ਮਨੁੱਖਾ ਜਨਮ ਹੀ ਸਿਮਰਨ ਦਾ ਸਮਾ ਹੈ, ਖੁੰਝਿਆਂ ਜਨਮ-ਮਰਨ ਦੇ ਗੇੜ ਵਿਚ ਪੈਣਾ ਪੈਂਦਾ ਹੈ ।

ਗੂਜਰੀ ਘਰੁ ੩ ॥ ਮੁਸਿ ਮੁਸਿ ਰੋਵੈ ਕਬੀਰ ਕੀ ਮਾਈ ॥ ਏ ਬਾਰਿਕ ਕੈਸੇ ਜੀਵਹਿ ਰਘੁਰਾਈ ॥੧॥ ਤਨਨਾ ਬੁਨਨਾ ਸਭੁ ਤਜਿਓ ਹੈ ਕਬੀਰ ॥ ਹਰਿ ਕਾ ਨਾਮੁ ਲਿਖਿ ਲੀਓ ਸਰੀਰ ॥੧॥ ਰਹਾਉ ॥ ਜਬ ਲਗੁ ਤਾਗਾ ਬਾਹਉ ਬੇਹੀ ॥ ਤਬ ਲਗੁ ਬਿਸਰੈ ਰਾਮੁ ਸਨੇਹੀ ॥੨॥ ਓਛੀ ਮਤਿ ਮੇਰੀ ਜਾਤਿ ਜੁਲਾਹਾ ॥ ਹਰਿ ਕਾ ਨਾਮੁ ਲਹਿਓ ਮੈ ਲਾਹਾ ॥੩॥ ਕਹਤ ਕਬੀਰ ਸੁਨਹੁ ਮੇਰੀ ਮਾਈ ॥ ਹਮਰਾ ਇਨ ਕਾ ਦਾਤਾ ਏਕੁ ਰਘੁਰਾਈ ॥੪॥੨॥ {ਪੰਨਾ 524}

ਪਦਅਰਥ:- ਮੁਸਿ ਮੁਸਿ—ਡੁਸਕ ਡੁਸਕ ਕੇ । ਮਾਈ—ਮਾਂ । ਬਾਰਿਕ—ਅੰਞਾਣੇ ਬਾਲ । ਰਘੁਰਾਈ—ਹੇ ਪ੍ਰਭੂ! ।੧।

ਤਜਿਓ ਹੈ—ਛੱਡ ਦਿੱਤਾ ਹੈ । ਲਿਖਿ ਲੀਓ ਸਰੀਰ—ਸਰੀਰ ਉੱਤੇ ਲਿਖ ਲਿਆ ਹੈ, ਜੀਭ ਤੇ ਪ੍ਰੋ ਲਿਆ ਹੈ, ਹਰ ਵੇਲੇ ਉਚਾਰਦਾ ਰਹਿੰਦਾ ਹੈ ।੧।ਰਹਾਉ।

ਬੇਹੀ—{ਸੰ: ਵੇਧ; ਪ੍ਰ: ਬੇਹ} ਛੇਕ, ਨਾਲ ਦਾ ਛੇਕ । ਬਹਾਉ—ਵਹਾਉਂਦਾ ਹਾਂ । ਸਨੇਹੀ—ਪਿਆਰਾ ।੨।

ਓਛੀ—ਹੋਛੀ, ਹੌਲੀ । ਲਾਹਾ—ਲਾਭ ।੩।

ਰਘੁਰਾਈ—ਪਰਮਾਤਮਾ ।੪।

ਅਰਥ:- ਕਬੀਰ ਦੀ ਮਾਂ (ਕਬੀਰ ਆਖਦਾ ਹੈ ਕਿ ਮੇਰੀ ਮਾਂ) ਡੁਸਕ ਡੁਸਕ ਕੇ ਰੋਂਦੀ ਹੈ (ਤੇ ਆਖਦੀ ਹੈ—) ਹੇ ਪਰਮਾਤਮਾ! (ਕਬੀਰ ਦੇ) ਇਹ ਅੰਞਾਣੇ ਬਾਲ ਕਿਵੇਂ ਜੀਊਣਗੇ? ।੧।

(ਕਿਉਂਕਿ ਮੇਰੇ) ਕਬੀਰ ਨੇ (ਤਾਣਾ) ਤਣਨਾ ਤੇ (ਕੱਪੜਾ) ਉਣਨਾ ਸਭ ਕੁੱਝ ਛੱਡ ਦਿੱਤਾ ਹੈ, ਹਰ ਵੇਲੇ ਹਰੀ ਦਾ ਨਾਮ ਜਪਦਾ ਰਹਿੰਦਾ ਹੈ ।੧।ਰਹਾਉ।

ਜਿਤਨਾ ਚਿਰ ਮੈਂ ਨਾਲ ਦੇ ਛੇਕ ਵਿਚ ਧਾਗਾ ਵਹਾਉਂਦਾ ਹਾਂ; ਉਤਨਾ ਚਿਰ ਮੈਨੂੰ ਮੇਰਾ ਪਿਆਰਾ ਪ੍ਰਭੂ ਵਿਸਰ ਜਾਂਦਾ ਹੈ (ਭਾਵ, ਮੈਨੂੰ ਇਤਨਾ ਚਿਰ ਭੀ ਪ੍ਰਭੂ ਵਿਸਾਰਨਾ ਨਹੀਂ ਭਾਉਂਦਾ) ।੨।

(ਕੀਹ ਹੋਇਆ ਜੇ ਲੋਕਾਂ ਦੇ ਭਾਣੇ) ਮੇਰੀ ਛੋਟੀ ਜਿਹੀ ਅਕਲ ਹੈ ਤੇ ਮੈਂ ਜਾਤ ਦਾ (ਨੀਵਾਂ ਗ਼ਰੀਬ) ਜੁਲਾਹਾ ਹਾਂ, ਪਰ ਮੈਂ ਪਰਮਾਤਮਾ ਦਾ ਨਾਮ-ਰੂਪ ਨਫ਼ਾ (ਇਸ ਮਨੁੱਖਾ-ਜਨਮ ਦੇ ਵਪਾਰ ਵਿਚ) ਖੱਟ ਲਿਆ ਹੈ (ਸੋ ਮੈਂ ਮੂਰਖ ਤੇ ਨੀਵੀਂ ਜਾਤ ਦਾ ਨਹੀਂ ਰਹਿ ਗਿਆ) ।੩।

ਕਬੀਰ ਆਖਦਾ ਹੈ—ਹੇ ਮੇਰੀ ਮਾਂ! ਸੁਣ, ਸਾਡਾ ਤੇ ਸਾਡੇ ਇਹਨਾਂ ਬੱਚਿਆਂ ਦਾ ਰਿਜ਼ਕ ਦੇਣ ਵਾਲਾ ਇਕੋ ਹੀ ਪਰਮਾਤਮਾ ਹੈ (ਭਾਵ, ਜੇ ਉਸ ਨੇ ਮੈਨੂੰ ਪਾਲਿਆ ਹੈ, ਤਾਂ ਇਹਨਾਂ ਨੂੰ ਭੀ ਜ਼ਰੂਰ ਪਾਲੇਗਾ) ।੪।੨।

ਨੋਟ:- ਕਬੀਰ ਜੀ ਦੀ ਇਸ ਹੱਡ-ਬੀਤੀ ਤੋਂ ਭਾਵ ਇਹ ਨਿਕਲਦਾ ਹੈ ਕਿ 'ਭਗਤਾ ਤੈ ਸੈਸਾਰੀਆ ਜੋੜੁ ਕਦੇ ਨ ਆਇਆ' । ਦੁਨੀਆਦਾਰ ਇਕ ਤਾਂ ਹਰ ਵੇਲੇ ਮਾਇਆ ਕਮਾਣ ਵਿਚ ਲੱਗੇ ਰਹਿਣਾ ਚਾਹੁੰਦਾ ਹੈ; ਦੂਜੇ, ਕਮਾਈ ਹੋਈ ਨੂੰ ਸਿਰਫ਼ ਆਪਣੇ ਹੀ ਲਈ ਖ਼ਰਚਣਾ ਚਾਹੁੰਦਾ ਹੈ । ਭਗਤ ਆਪਣੀ ਗੁਜ਼ਰਾਨ ਲਈ ਕਮਾਉਂਦਾ ਤਾਂ ਹੈ, ਪਰ ਮਾਇਆ ਜੋੜਨੀ ਹੀ ਉਸ ਦੇ ਜੀਵਨ ਦਾ ਨਿਸ਼ਾਨਾ ਨਹੀਂ ਹੁੰਦਾ, ਉਸ ਦਾ ਅਸਲ ਨਿਸ਼ਾਨਾ ਹੈ 'ਪ੍ਰਭੂ ਦੀ ਯਾਦ' ਫਿਰ, ਉਹ ਆਪਣੀ ਕਮਾਈ ਵਿਚੋਂ ਦੂਜਿਆਂ ਦੀ ਸੇਵਾ ਭੀ ਕਰਦਾ ਹੈ । ਭਗਤ ਦਾ ਇਹ ਰਵੱਈਆ ਉਸ ਦੇ ਮਾਂ ਪਿਉ ਵਹੁਟੀ ਤੇ ਹੋਰ ਸੰਬੰਧੀਆਂ ਨੂੰ ਨਹੀਂ ਭਾਉਂਦਾ । ਇਸ ਕਰ ਕੇ ਖੱਟਦਾ ਕਮਾਉਂਦਾ ਭੀ ਉਹ ਇਹਨਾਂ ਨੂੰ ਵੇਹਲੜ ਜਾਪਦਾ ਹੈ, ਪਰਮਾਤਮਾ ਦੇ ਰਾਹ ਵਲ ਦੀ ਉਸ ਦੀ ਹਰੇਕ ਹਰਕਤ ਉਹਨਾਂ ਨੂੰ ਚੁੱਭਦੀ ਹੈ । ਬਿਲਾਵਲ ਤੇ ਗੋਂਡ ਰਾਗ ਵਿਚ ਭੀ ਕਬੀਰ ਜੀ ਦੇ ਦੋ ਸ਼ਬਦ ਹਨ, ਜਿਨ੍ਹਾਂ ਤੋਂ ਜ਼ਾਹਰ ਹੁੰਦਾ ਹੈ ਕਿ ਕਬੀਰ ਜੀ ਦੀ ਵਹੁਟੀ ਭੀ ਇਸ ਗੱਲੇ ਗਿਲੇ ਕਰਦੀ ਸੀ ।

ਨੋਟ:- ਆਪਣੀ ਮਾਂ ਦੇ ਗਿਲੇ-ਗੁਜ਼ਾਰੀਆਂ ਕਬੀਰ ਜੀ ਨੇ ਇਸ ਸ਼ਬਦ ਵਿਚ ਬਿਆਨ ਕੀਤੇ ਹਨ ਤੇ ਫਿਰ ਉਹਨਾਂ ਦਾ ਉੱਤਰ ਭੀ ਦਿੱਤਾ ਹੈ । ਇਹ ਖ਼ਿਆਲ ਗ਼ਲਤ ਹੈ ਕਿ ਇਸ ਸ਼ਬਦ ਵਿਚ ਕੋਈ ਤੁਕਾਂ ਕਬੀਰ ਜੀ ਦੀ ਮਾਂ ਦੀਆਂ ਉਚਾਰੀਆਂ ਹੋਈਆਂ ਹਨ । ਮਹਾਂ ਪੁਰਖਾਂ ਦੀ ਇਸ ਬਾਣੀ ਵਿਚ ਦੁਨੀਆਦਾਰਾਂ ਦੇ ਕੱਚੇ ਲਫ਼ਜ਼ ਸ਼ਾਮਲ ਨਹੀਂ ਹੋ ਸਕਦੇ ।

ਸ਼ਬਦ ਦਾ ਭਾਵ:- ਭਗਤ ਤੇ ਦੁਨੀਆਦਾਰ ਦੀ ਜ਼ਿੰਦਗੀ ਦਾ ਨਿਸ਼ਾਨਾ ਵੱਖ-ਵੱਖ ਹੈ । ਭਗਤ ਦਾ ਅਸਲ ਨਿਸ਼ਾਨਾ ਹੈ ਸਿਮਰਨ; ਕਮਾਂਦਾ ਹੈ ਉਹ ਗੁਜ਼ਰਾਨ ਲਈ । ਦੁਨੀਆਦਾਰ ਦਾ ਨਿਸ਼ਾਨਾ ਹੈ ਹਰ ਵੇਲੇ ਮਾਇਆ ਕਮਾਣੀ ਤੇ ਜੋੜੀ ਜਾਣੀ ।

ਗੂਜਰੀ ਸ੍ਰੀ ਨਾਮਦੇਵ ਜੀ ਕੇ ਪਦੇ ਘਰੁ ੧ ੴ ਸਤਿਗੁਰ ਪ੍ਰਸਾਦਿ ॥ ਜੌ ਰਾਜੁ ਦੇਹਿ ਤ ਕਵਨ ਬਡਾਈ ॥ ਜੌ ਭੀਖ ਮੰਗਾਵਹਿ ਤ ਕਿਆ ਘਟਿ ਜਾਈ ॥੧॥ ਤੂੰ ਹਰਿ ਭਜੁ ਮਨ ਮੇਰੇ ਪਦੁ ਨਿਰਬਾਨੁ ॥ ਬਹੁਰਿ ਨ ਹੋਇ ਤੇਰਾ ਆਵਨ ਜਾਨੁ ॥੧॥ ਰਹਾਉ ॥ ਸਭ ਤੈ ਉਪਾਈ ਭਰਮ ਭੁਲਾਈ ॥ ਜਿਸ ਤੂੰ ਦੇਵਹਿ ਤਿਸਹਿ ਬੁਝਾਈ ॥੨॥ ਸਤਿਗੁਰੁ ਮਿਲੈ ਤ ਸਹਸਾ ਜਾਈ ॥ ਕਿਸੁ ਹਉ ਪੂਜਉ ਦੂਜਾ ਨਦਰਿ ਨ ਆਈ ॥੩॥ ਏਕੈ ਪਾਥਰ ਕੀਜੈ ਭਾਉ ॥ ਦੂਜੈ ਪਾਥਰ ਧਰੀਐ ਪਾਉ ॥ ਜੇ ਓਹੁ ਦੇਉ ਤ ਓਹੁ ਭੀ ਦੇਵਾ ॥ ਕਹਿ ਨਾਮਦੇਉ ਹਮ ਹਰਿ ਕੀ ਸੇਵਾ ॥੪॥੧॥ {ਪੰਨਾ 525}

ਪਦਅਰਥ:- ਜੌ—ਜੇਕਰ । ਭੀਖ ਮੰਗਾਵਹਿ—ਮੈਥੋਂ ਭਿੱਖ ਮੰਗਾਏਂ, ਮੈਨੂੰ ਮੰਗਤਾ ਬਣਾ ਦੇਵੇਂ, ਮੈਨੂੰ

ਕੰਗਾਲ ਕਰ ਦੇਵੇਂ ।੧।

ਪਦੁ—ਦਰਜਾ, ਮੁਕਾਮ । ਨਿਰਬਾਨੁ—ਵਾਸ਼ਨਾ ਰਹਿਤ, ਜਿੱਥੇ ਦੁਨੀਆ ਦੀ ਕੋਈ ਵਾਸ਼ਨਾ ਨ ਫੁਰੇ । ਬਹੁਰਿ—ਫਿਰ, ਮੁੜ ਕੇ ।੧।ਰਹਾਉ।

ਤੈ—(ਹੇ ਪ੍ਰਭੂ !) ਤੂੰ । ਉਪਾਈ—ਪੈਦਾ ਕੀਤੀ । ਬੁਝਾਈ—ਸਮਝ, ਸੂਝ ।੨।

ਸਹਸਾ—ਦਿਲ ਦੀ ਘਬਰਾਹਟ । ਜਾਈ—ਦੂਰ ਹੋ ਜਾਂਦੀ ਹੈ ।੩।

ਭਾਉ—ਪਿਆਰ । ਪਾਉ—ਪੈਰ । ਦੇਉ—ਦੇਵਤਾ ।੪।

ਅਰਥ:- (ਸੁਖ ਮੰਗਣ ਲਈ ਤੇ ਦੁੱਖਾਂ ਤੋਂ ਬਚਣ ਲਈ, ਅੰਞਾਣ ਲੋਕ ਆਪਣੀ ਹੀ ਹੱਥੀਂ ਪੱਥਰਾਂ ਤੋਂ ਘੜੇ ਹੋਏ ਦੇਵਤਿਆਂ ਅੱਗੇ ਨੱਕ ਰਗੜਦੇ ਹਨ; ਪਰ) ਹੇ ਮੇਰੇ ਮਨ! ਤੂੰ ਇੱਕ ਪ੍ਰਭੂ ਨੂੰ ਸਿਮਰ; ਉਹੀ ਵਾਸ਼ਨਾ-ਰਹਿਤ ਅਵਸਥਾ (ਦੇਣ ਵਾਲਾ) ਹੈ, (ਉਸ ਦਾ ਸਿਮਰਨ ਕੀਤਿਆਂ) ਫਿਰ ਤੇਰਾ (ਜਗਤ ਵਿਚ) ਜੰਮਣਾ ਮਰਨਾ ਮਿਟ ਜਾਇਗਾ ।੧।ਰਹਾਉ।

(ਹੇ ਮਨ! ਇੱਕ ਪ੍ਰਭੂ ਦੇ ਦਰ ਤੇ ਇਉਂ ਆਖ—ਹੇ ਪ੍ਰਭੂ!) ਜੇ ਤੂੰ ਮੈਨੂੰ ਰਾਜ (ਭੀ) ਦੇ ਦੇਵੇਂ, ਤਾਂ ਮੈਂ ਕਿਸੇ ਗੱਲੇ ਵੱਡਾ ਨਹੀਂ ਹੋ ਜਾਵਾਂਗਾ ਤੇ ਜੇ ਤੂੰ ਮੈਨੂੰ ਕੰਗਾਲ ਕਰ ਦੇਵੇਂ, ਤਾਂ ਮੇਰਾ ਕੁਝ ਘਟ ਨਹੀਂ ਜਾਣਾ । (ਹੇ ਪ੍ਰਭੂ!) ਸਾਰੀ ਸ੍ਰਿਸ਼ਟੀ ਤੂੰ ਆਪ ਹੀ ਪੈਦਾ ਕੀਤੀ ਹੈ ਤੇ ਭਰਮਾਂ ਵਿਚ ਕੁਰਾਹੇ ਪਾਈ ਹੋਈ ਹੈ, ਜਿਸ ਜੀਵ ਨੂੰ ਤੂੰ ਆਪ ਮੱਤ ਦੇਂਦਾ ਹੈਂ ਉਸੇ ਨੂੰ ਮੱਤ ਆਉਂਦੀ ਹੈ ।੧, ੨।

(ਜਿਸ ਭਾਗਾਂ ਵਾਲੇ ਨੂੰ) ਸਤਿਗੁਰੂ ਮਿਲ ਪਏ (ਦੁੱਖਾਂ ਸੁਖਾਂ ਬਾਰੇ) ਉਸ ਦੇ ਦਿਲ ਦੀ ਘਬਰਾਹਟ ਦੂਰ ਹੋ ਜਾਂਦੀ ਹੈ (ਤੇ ਉਹ ਆਪਣੇ ਹੀ ਘੜੇ ਹੋਏ ਦੇਵਤਿਆਂ ਅੱਗੇ ਨੱਕ ਨਹੀਂ ਰਗੜਦਾ ਫਿਰਦਾ) । (ਮੈਨੂੰ ਗੁਰੂ ਨੇ ਸੂਝ ਬਖ਼ਸ਼ੀ ਹੈ) ਪ੍ਰਭੂ ਤੋਂ ਬਿਨਾ ਕੋਈ ਹੋਰ (ਦੁੱਖ ਸੁਖ ਦੇਣ ਵਾਲਾ) ਮੈਨੂੰ ਦਿੱਸਦਾ ਹੀ ਨਹੀਂ, (ਇਸ ਵਾਸਤੇ) ਮੈਂ ਕਿਸੇ ਹੋਰ ਦੀ ਪੂਜਾ ਨਹੀਂ ਕਰਦਾ ।੩।

(ਕਿਆ ਅਜਬ ਗੱਲ ਹੈ ਕਿ) ਇਕ ਪੱਥਰ (ਨੂੰ ਦੇਵਤਾ ਬਣਾ ਕੇ ਉਸ) ਨਾਲ ਪਿਆਰ ਕੀਤਾ ਜਾਂਦਾ ਹੈ ਤੇ ਦੂਜੇ ਪੱਥਰਾਂ ਉੱਤੇ ਪੈਰ ਧਰਿਆ ਜਾਂਦਾ ਹੈ । ਜੇ ਉਹ ਪੱਥਰ (ਜਿਸ ਦੀ ਪੂਜਾ ਕੀਤੀ ਜਾਂਦੀ ਹੈ) ਦੇਵਤਾ ਹੈ ਤਾਂ ਦੂਜਾ ਪੱਥਰ ਭੀ ਦੇਵਤਾ ਹੈ (ਉਸ ਨੂੰ ਕਿਉਂ ਪੈਰਾਂ ਹੇਠ ਲਤਾੜੀਦਾ ਹੈ? ਪਰ) ਨਾਮਦੇਉ ਆਖਦਾ ਹੈ (ਅਸੀ ਕਿਸੇ ਪੱਥਰ ਨੂੰ ਦੇਵਤਾ ਥਾਪ ਕੇ ਉਸ ਦੀ ਪੂਜਾ ਕਰਨ ਨੂੰ ਤਿਆਰ ਨਹੀਂ), ਅਸੀ ਤਾਂ ਪਰਮਾਤਮਾ ਦੀ ਬੰਦਗੀ ਕਰਦੇ ਹਾਂ ।੪।੧।

ਨੋਟ:- ਕੀ ਅਸਾਂ ਨਾਮਦੇਵ ਜੀ ਦੇ ਇਹਨਾਂ ਲਫ਼ਜ਼ਾਂ ਉੱਤੇ ਇਤਬਾਰ ਕਰਨਾ ਹੈ, ਜਾਂ, ਸੁਆਰਥੀ ਲੋਕਾਂ ਦੀਆਂ ਘੜੀਆਂ ਕਹਾਣੀਆਂ ਉੱਤੇ?

ਗੂਜਰੀ ਘਰੁ ੧ ॥ ਮਲੈ ਨ ਲਾਛੈ ਪਾਰ ਮਲੋ ਪਰਮਲੀਓ ਬੈਠੋ ਰੀ ਆਈ ॥ ਆਵਤ ਕਿਨੈ ਨ ਪੇਖਿਓ ਕਵਨੈ ਜਾਣੈ ਰੀ ਬਾਈ ॥੧॥ ਕਉਣੁ ਕਹੈ ਕਿਣਿ ਬੂਝੀਐ ਰਮਈਆ ਆਕੁਲੁ ਰੀ ਬਾਈ ॥੧॥ ਰਹਾਉ ॥ ਜਿਉ ਆਕਾਸੈ ਪੰਖੀਅਲੋ ਖੋਜੁ ਨਿਰਖਿਓ ਨ ਜਾਈ ॥ ਜਿਉ ਜਲ ਮਾਝੈ ਮਾਛਲੋ ਮਾਰਗੁ ਪੇਖਣੋ ਨ ਜਾਈ ॥੨॥ ਜਿਉ ਆਕਾਸੈ ਘੜੂਅਲੋ ਮ੍ਰਿਗ ਤ੍ਰਿਸਨਾ ਭਰਿਆ ॥ ਨਾਮੇ ਚੇ ਸੁਆਮੀ ਬੀਠਲੋ ਜਿਨਿ ਤੀਨੈ ਜਰਿਆ ॥੩॥੨॥ {ਪੰਨਾ 525}

ਪਦਅਰਥ:- ਮਲੈ—ਮਲ ਦਾ, ਮੈਲ ਦਾ । ਲਾਛੈ—ਲਾਂਛਣ, ਦਾਗ਼, ਨਿਸ਼ਾਨ । ਪਾਰਮਲੋ—ਪਾਰ ਮਲ, ਮਲ-ਰਹਿਤ । ਪਰਮਲੀਓ—{Skt. pirml, ਪਰਿਮਲ} ਸੁਗੰਧੀ । ਰੀ—ਹੇ ਭੈਣ! ਕਵਨੈ—ਕਵਨ, ਕੌਣ? ਰੀ ਬਾਈ—ਹੇ ਭੈਣ! ।੧।

ਕਹੈ—ਬਿਆਨ ਕਰ ਸਕਦਾ ਹੈ । ਕਿਨਿ—ਕਿਸ ਨੇ? ਰਮਈਆ—ਸੋਹਣਾ ਰਾਮ । ਆਕੁਲੁ—{Skt. A:smNnwq kl: XÔX; ਜਿਸ ਦੀ ਕੁਲ ਚਾਰ ਚੁਫੇਰੇ ਹੈ} ਜੋ ਹਰ ਥਾਂ ਮੌਜੂਦ ਹੈ, ਸਰਬ-ਵਿਆਪਕ ।੧।ਰਹਾਉ।

ਨਿਰਖਿਓ ਨ ਜਾਈ—ਵੇਖਿਆ ਨਹੀਂ ਜਾ ਸਕਦਾ । ਮਾਝੈ—ਵਿਚ । ਮਾਰਗੁ—ਰਸਤਾ ।੨।

ਆਕਾਸੈ—ਆਕਾਸ਼ ਵਿਚ, {Skt. Awkw_—Free space, place in general} ਖੁਲ੍ਹੇ ਥਾਂ, ਮੈਦਾਨ ਵਿਚ । ਘਡੂਅਲੋ—ਪਾਣੀ ਦਾ ਘੜਾ, (ਭਾਵ, ਪਾਣੀ) । ਮ੍ਰਿਗ ਤ੍ਰਿਸਨਾ—ਠਗ-ਨੀਰਾ, ਉਹ ਪਾਣੀ ਜੋ ਤਿਹਾਏ ਹਰਨ ਨੂੰ ਰੇਤਲੇ ਥਾਂ ਜਾਪਦਾ ਹੈ {ਮ੍ਰਿਗ—ਹਰਨ । ਤ੍ਰਿਸਨਾ—ਪਿਆਸ} । ਮ੍ਰਿਗ ਤ੍ਰਿਸਨਾ ਘਡੂਅਲੋ—ਤਿਹਾਏ ਹਰਨ ਦਾ ਪਾਣੀ, ਮ੍ਰਿਗਤ੍ਰਿਸਨਾ ਦਾ ਜਲ । ਚੇ—ਦੇ । ਬੀਠਲੋ—{Skt. ivÕT|—iv+ ÔQ| ਪਰੇ ਖਲੋਤਾ ਹੋਇਆ} ਮਾਇਆ ਤੋਂ ਨਿਰਾਲਾ, ਨਿਰਲੇਪ ਪ੍ਰਭੂ । ਜਿਨਿ—ਜਿਸ (ਬੀਠਲ) ਨੇ । ਤੀਨੈ—ਤਿੰਨੇ ਤਾਪ । ਜਰਿਆ—ਸਾੜ ਦਿੱਤੇ ਹਨ ।੩।

ਅਰਥ:- ਹੇ ਭੈਣ! ਮੇਰਾ ਸੋਹਣਾ ਰਾਮ ਹਰ ਥਾਂ ਵਿਆਪਕ ਹੈ, ਪਰ ਕੋਈ ਜੀਵ ਭੀ (ਉਸ ਦਾ ਮੁਕੰਮਲ ਸਰੂਪ) ਬਿਆਨ ਨਹੀਂ ਕਰ ਸਕਦਾ, ਕਿਸੇ ਨੇ ਭੀ (ਉਸ ਦੇ ਮੁਕੰਮਲ ਸਰੂਪ ਨੂੰ) ਨਹੀਂ ਸਮਝਿਆ ।੧।ਰਹਾਉ।

ਹੇ ਭੈਣ! ਉਸ ਸੋਹਣੇ ਰਾਮ ਨੂੰ ਮੈਲ ਦਾ ਦਾਗ਼ ਤੱਕ ਨਹੀਂ ਹੈ, ਉਹ ਮੈਲ ਤੋਂ ਪਰੇ ਹੈ, ਉਹ ਰਾਮ ਤਾਂ ਸੁਗੰਧੀ (ਵਾਂਗ) ਸਭ ਜੀਵਾਂ ਵਿਚ ਆ ਕੇ ਵੱਸਦਾ ਹੈ, (ਭਾਵ, ਜਿਵੇਂ ਸੁਗੰਧੀ ਫੁੱਲਾਂ ਵਿਚ ਹੈ) । ਹੇ ਭੈਣ! ਉਸ ਸੋਹਣੇ ਰਾਮ ਨੂੰ ਕਦੇ ਕਿਸੇ ਨੇ ਜੰਮਦਾ ਨਹੀਂ ਵੇਖਿਆ, ਕੋਈ ਨਹੀਂ ਜਾਣਦਾ ਕਿ ਉਹ ਕਿਹੋ ਜਿਹਾ ਹੈ ।੧।

ਜਿਵੇਂ ਆਕਾਸ਼ ਵਿਚ ਪੰਛੀ ਉੱਡਦਾ ਹੈ, ਪਰ ਉਸ ਦੇ ਉੱਡਣ ਵਾਲੇ ਰਸਤੇ ਦਾ ਖੁਰਾ-ਖੋਜ ਵੇਖਿਆ ਨਹੀਂ ਜਾ ਸਕਦਾ; ਜਿਵੇਂ ਮੱਛੀ ਪਾਣੀ ਵਿਚ ਤਰਦੀ ਹੈ, ਪਰ (ਜਿਸ ਰਸਤੇ ਤਰਦੀ ਹੈ) ਉਹ ਰਾਹ ਵੇਖਿਆ ਨਹੀਂ ਜਾ ਸਕਦਾ (ਭਾਵ, ਅੱਖਾਂ ਅੱਗੇ ਕਾਇਮ ਨਹੀਂ ਕੀਤਾ ਜਾ ਸਕਦਾ, ਤਿਵੇਂ ਉਸ ਪ੍ਰਭੂ ਦਾ ਮੁਕੰਮਲ ਸਰੂਪ ਬਿਆਨ ਨਹੀਂ ਹੋ ਸਕਦਾ) ।੨।

ਜਿਵੇਂ ਖੁਲ੍ਹੇ ਥਾਂ ਮ੍ਰਿਗ ਤ੍ਰਿਸ਼ਨਾ ਦਾ ਜਲ ਦਿੱਸਦਾ ਹੈ (ਅਗਾਂਹ ਅਗਾਂਹ ਤੁਰੇ ਜਾਈਏ, ਪਰ ਉਸ ਦਾ ਟਿਕਾਣਾ ਲੱਭਦਾ ਨਹੀਂ, ਇਸੇ ਤਰ੍ਹਾਂ ਪ੍ਰਭੂ ਦਾ ਖ਼ਾਸ ਟਿਕਾਣਾ ਨਹੀਂ ਲੱਭਦਾ; ਉਂਞ) ਨਾਮਦੇਵ ਦੇ ਖਸਮ ਬੀਠਲ ਜੀ ਐਸੇ ਹਨ ਜਿਸ ਨੇ ਮੇਰੇ ਤਿੰਨੇ ਤਾਪ ਸਾੜ ਦਿੱਤੇ ਹਨ ।੩।੨।

ਨੋਟ:- ਨਾਮਦੇਵ ਜੀ ਦੀ ਬਾਣੀ ਵਿਚ ਨਿਰਾ 'ਬੀਠਲ' ਲਫ਼ਜ਼ ਵੇਖ ਕੇ ਇਹ ਫ਼ਰਜ਼ ਕਰ ਲੈਣਾ ਭਾਰੀ ਭੁੱਲ ਹੈ ਕਿ ਭਗਤ ਜੀ ਕਿਸੇ ਮੂਰਤੀ ਦੇ ਉਪਾਸ਼ਕ ਸਨ । ਉਹਨਾਂ ਨੇ ਆਪਣੇ 'ਬੀਠਲ' ਦਾ ਜੋ ਸਰੂਪ ਇੱਥੇ ਬਿਆਨ ਕੀਤਾ ਹੈ, ਕੀ ਉਹ ਕਿਸੇ ਮੂਰਤੀ ਦਾ ਹੈ ਜਾਂ ਸਰਬ-ਵਿਆਪਕ ਪਰਮਾਤਮਾ ਦਾ? ਫਿਰ, ਲੋਕਾਂ ਦੀ ਘੜੀ ਹੋਈ ਕਹਾਣੀ ਕਿਉਂ ਇਸ ਬਾਣੀ ਨਾਲੋਂ ਵਧੀਕ ਇਤਬਾਰ-ਜੋਗ ਹੈ?

ਸ਼ਬਦ ਦਾ ਭਾਵ:- ਪਰਮਾਤਮਾ ਸਰਬ-ਵਿਆਪਕ ਹੈ, ਅਕੱਥ ਹੈ । ਉਸ ਦਾ ਖ਼ਾਸ ਟਿਕਾਣਾ ਲੱਭ ਨਹੀਂ

ਸਕਦਾ ।

ਗੂਜਰੀ ਸ੍ਰੀ ਰਵਿਦਾਸ ਜੀ ਕੇ ਪਦੇ ਘਰੁ ੩ ੴ ਸਤਿਗੁਰ ਪ੍ਰਸਾਦਿ ॥ ਦੂਧੁ ਤ ਬਛਰੈ ਥਨਹੁ ਬਿਟਾਰਿਓ ॥ ਫੂਲੁ ਭਵਰਿ ਜਲੁ ਮੀਨਿ ਬਿਗਾਰਿਓ ॥੧॥ ਮਾਈ ਗੋਬਿੰਦ ਪੂਜਾ ਕਹਾ ਲੈ ਚਰਾਵਉ ॥ ਅਵਰੁ ਨ ਫੂਲੁ ਅਨੂਪੁ ਨ ਪਾਵਉ ॥੧॥ ਰਹਾਉ ॥ ਮੈਲਾਗਰ ਬੇਰ੍ਹੇ ਹੈ ਭੁਇਅੰਗਾ ॥ ਬਿਖੁ ਅੰਮ੍ਰਿਤੁ ਬਸਹਿ ਇਕ ਸੰਗਾ ॥੨॥ ਧੂਪ ਦੀਪ ਨਈਬੇਦਹਿ ਬਾਸਾ ॥ ਕੈਸੇ ਪੂਜ ਕਰਹਿ ਤੇਰੀ ਦਾਸਾ ॥੩॥ ਤਨੁ ਮਨੁ ਅਰਪਉ ਪੂਜ ਚਰਾਵਉ ॥ ਗੁਰ ਪਰਸਾਦਿ ਨਿਰੰਜਨੁ ਪਾਵਉ ॥੪॥ ਪੂਜਾ ਅਰਚਾ ਆਹਿ ਨ ਤੋਰੀ ॥ ਕਹਿ ਰਵਿਦਾਸ ਕਵਨ ਗਤਿ ਮੋਰੀ ॥੫॥੧॥ {ਪੰਨਾ 525}

ਪਦਅਰਥ:- ਬਛਰੈ—ਵੱਛੇ ਨੇ । ਥਨਹੁ—ਥਣਾਂ ਤੋਂ (ਹੀ) । ਬਿਟਾਰਿਓ—ਜੂਠਾ ਕਰ ਦਿੱਤਾ । ਭਵਰਿ—ਭਵਰ ਨੇ । ਮੀਨਿ—ਮੀਨ ਨੇ, ਮੱਛੀ ਨੇ ।੧।

ਮਾਈ—ਹੇ ਮਾਂ! ਕਹਾ—ਕਿਥੋਂ? ਲੈ—ਲੈ ਕੇ । ਚਰਾਵਉ—ਮੈਂ ਭੇਟ ਕਰਾਂ । ਅਨੂਪੁ—{ਅਨ+ਊਪੁ} ਜਿਸ ਵਰਗਾ ਹੋਰ ਕੋਈ ਨਹੀਂ, ਸੁੰਦਰ । ਨ ਪਾਵਉ—ਮੈਂ ਹਾਸਲ ਨਹੀਂ ਕਰ ਸਕਾਂਗਾ ।੧।ਰਹਾਉ।

ਮੈਲਾਗਰ—{ਮਲਯ+ਅਗਰ} ਮਲਯ ਪਰਬਤ ਉੱਤੇ ਉੱਗੇ ਹੋਏ ਚੰਦਨ ਦੇ ਬੂਟੇ । ਬੇਰ੍ਹੇ—ਵੇੜ੍ਹੇ ਹੋਏ, ਲਪੇਟੇ ਹੋਏ । ਭੁਇਅੰਗਾ—ਸੱਪ । ਬਿਖੁ—ਜ਼ਹਿਰ । ਇਕ ਸੰਗਾ—ਇਕੱਠੇ ।੨।

ਦੀਪ—ਦੀਵਾ । ਨਈਬੇਦ—{ਸੰ: nívª An offering of eatables presented to deity or idol} ਕਿਸੇ ਬੁੱਤ ਜਾਂ ਦੇਵੀ ਦੇਵਤੇ ਅੱਗੇ ਖਾਣ ਵਾਲੀਆਂ ਚੀਜ਼ਾਂ ਦੀ ਭੇਟਾ । ਬਾਸਾ—ਬਾਸਨਾ, ਸੁਗੰਧੀ ।੩।

ਅਰਪਉ—ਅਰਪਊਂ, ਮੈਂ ਅਰਪ ਦਿਆਂ, ਮੈਂ ਭੇਟਾ ਕਰਾਂ । ਚਰਾਵਉ—ਭੇਟਾ ।੪।

ਅਰਚਾ—ਮੂਰਤੀ ਆਦਿਕ ਦੀ ਪੂਜਾ, ਮੂਰਤੀ ਆਦਿਕ ਅੱਗੇ ਸਿਰ ਨਿਵਾਉਣਾ, ਮੂਰਤੀ ਨੂੰ ਸਿੰਗਾਰਨਾ । ਆਹਿ ਨ—ਨਹੀਂ ਹੋ ਸਕੀ । ਕਹਿ—ਕਹੈ, ਆਖਦਾ ਹੈ । ਕਵਨ ਗਤਿ—ਕੀਹ ਹਾਲ?।੫।

ਅਰਥ:- ਦੁੱਧ ਤਾਂ ਥਣਾਂ ਤੋਂ ਹੀ ਵੱਛੇ ਨੇ ਜੂਠਾ ਕਰ ਦਿੱਤਾ; ਫੁੱਲ ਭੌਰੇ ਨੇ (ਸੁੰਘ ਕੇ) ਤੇ ਪਾਣੀ ਮੱਛੀ ਨੇ ਖ਼ਰਾਬ ਕਰ ਦਿੱਤਾ (ਸੋ, ਦੁੱਧ ਫੁੱਲ ਪਾਣੀ ਇਹ ਤਿੰਨੇ ਹੀ ਜੂਠੇ ਹੋ ਜਾਣ ਕਰਕੇ ਪ੍ਰਭੂ ਅੱਗੇ ਭੇਟ ਕਰਨ ਜੋਗੇ ਨਾਹ ਰਹਿ ਗਏ) ।੧।

ਹੇ ਮਾਂ! ਗੋਬਿੰਦ ਦੀ ਪੂਜਾ ਕਰਨ ਲਈ ਮੈਂ ਕਿਥੋਂ ਕੋਈ ਚੀਜ਼ ਲੈ ਕੇ ਭੇਟ ਕਰਾਂ? ਕੋਈ ਹੋਰ (ਸੁੱਚਾ) ਫੁੱਲ (ਆਦਿਕ ਮਿਲ) ਨਹੀਂ (ਸਕਦਾ) । ਕੀ ਮੈਂ (ਇਸ ਘਾਟ ਕਰ ਕੇ) ਉਸ ਸੋਹਣੇ ਪ੍ਰਭੂ ਨੂੰ ਪ੍ਰਾਪਤ ਨਹੀਂ ਕਰ ਸਕਾਂਗਾ? ।੧।ਰਹਾਉ।

ਚੰਦਨ ਦੇ ਬੂਟਿਆਂ ਨੂੰ ਸੱਪ ਚੰਬੜੇ ਹੋਏ ਹਨ (ਤੇ ਉਹਨਾਂ ਨੇ ਚੰਦਨ ਨੂੰ ਜੂਠਾ ਕਰ ਦਿੱਤਾ ਹੈ), ਜ਼ਹਿਰ ਤੇ ਅੰਮ੍ਰਿਤ (ਭੀ ਸਮੁੰਦਰ ਵਿਚ) ਇਕੱਠੇ ਹੀ ਵੱਸਦੇ ਹਨ ।੨।

ਸੁਗੰਧੀ ਆ ਜਾਣ ਕਰ ਕੇ ਧੂਪ ਦੀਪ ਤੇ ਨੈਵੇਦ ਭੀ (ਜੂਠੇ ਹੋ ਜਾਂਦੇ ਹਨ), (ਫਿਰ ਹੇ ਪ੍ਰਭੂ! ਜੇ ਤੇਰੀ ਪੂਜਾ ਇਹਨਾਂ ਚੀਜ਼ਾਂ ਨਾਲ ਹੀ ਹੋ ਸਕਦੀ ਹੋਵੇ, ਤਾਂ ਇਹ ਜੂਠੀਆਂ ਚੀਜ਼ਾਂ ਤੇਰੇ ਅੱਗੇ ਰੱਖ ਕੇ) ਤੇਰੇ

ਭਗਤ ਕਿਸ ਤਰ੍ਹਾਂ ਤੇਰੀ ਪੂਜਾ ਕਰਨ? ।੩।

(ਹੇ ਪ੍ਰਭੂ!) ਮੈਂ ਆਪਣਾ ਤਨ ਤੇ ਮਨ ਅਰਪਣ ਕਰਦਾ ਹਾਂ, ਤੇਰੀ ਪੂਜਾ ਵਜੋਂ ਭੇਟ ਕਰਦਾ ਹਾਂ; (ਇਸੇ ਭੇਟਾ ਨਾਲ ਹੀ) ਸਤਿਗੁਰ ਦੀ ਮਿਹਰ ਦੀ ਬਰਕਤਿ ਨਾਲ ਤੈਨੂੰ ਮਾਇਆ-ਰਹਿਤ ਨੂੰ ਲੱਭ ਸਕਦਾ ਹਾਂ ।੪।

ਰਵਿਦਾਸ ਆਖਦਾ ਹੈ—(ਹੇ ਪ੍ਰਭੂ! ਜੇ ਸੁੱਚੇ ਦੁੱਧ, ਫੁੱਲ, ਧੂਪ, ਚੰਦਨ ਤੇ ਨੈਵੇਦ ਆਦਿਕ ਦੀ ਭੇਟਾ ਨਾਲ ਹੀ ਤੇਰੀ ਪੂਜਾ ਹੋ ਸਕਦੀ ਤਾਂ ਕਿਤੇ ਭੀ ਇਹ ਸ਼ੈਆਂ ਸੁੱਚੀਆਂ ਨਾਹ ਮਿਲਣ ਕਰ ਕੇ) ਮੈਥੋਂ ਤੇਰੀ ਪੂਜਾ ਤੇ ਤੇਰੀ ਭਗਤੀ ਹੋ ਹੀ ਨਾਹ ਸਕਦੀ, ਤਾਂ ਫਿਰ (ਹੇ ਪ੍ਰਭੂ!) ਮੇਰਾ ਕੀਹ ਹਾਲ ਹੁੰਦਾ? ।੫।੧।

ਭਾਵ:- ਲੋਕ ਦੇਵੀ ਦੇਵਤਿਆਂ ਦੀਆਂ ਮੂਰਤੀਆਂ ਨੂੰ ਆਪਣੇ ਵੱਲੋਂ ਸੁੱਚੇ ਜਲ, ਫੁੱਲ ਤੇ ਦੁੱਧ ਆਦਿਕ ਨਾਲ ਪ੍ਰਸੰਨ ਕਰਨ ਦੇ ਜਤਨ ਕਰਦੇ ਹਨ; ਪਰ ਇਹ ਚੀਜ਼ਾਂ ਤਾਂ ਪਹਿਲਾਂ ਹੀ ਜੂਠੀਆਂ ਹੋ ਜਾਂਦੀਆਂ ਹਨ । ਪਰਮਾਤਮਾ ਅਜਿਹੀਆਂ ਚੀਜ਼ਾਂ ਦੀ ਭੇਟਾ ਨਾਲ ਖ਼ੁਸ਼ ਨਹੀਂ ਹੁੰਦਾ । ਉਹ ਤਾਂ ਤਨ ਮਨ ਦੀ ਭੇਟ ਮੰਗਦਾ ਹੈ ।

ਗੂਜਰੀ ਸ੍ਰੀ ਤ੍ਰਿਲੋਚਨ ਜੀਉ ਕੇ ਪਦੇ ਘਰੁ ੧ ੧ਓ ਸਤਿਗੁਰ ਪ੍ਰਸਾਦਿ ॥ ਅੰਤਰੁ ਮਲਿ ਨਿਰਮਲੁ ਨਹੀ ਕੀਨਾ ਬਾਹਰਿ ਭੇਖ ਉਦਾਸੀ ॥ ਹਿਰਦੈ ਕਮਲੁ ਘਟਿ ਬ੍ਰਹਮੁ ਨ ਚੀਨ੍ਹਾ ਕਾਹੇ ਭਇਆ ਸੰਨਿਆਸੀ ॥੧॥ ਭਰਮੇ ਭੂਲੀ ਰੇ ਜੈ ਚੰਦਾ ॥ ਨਹੀ ਨਹੀ ਚੀਨ੍ਹਿਆ ਪਰਮਾਨੰਦਾ ॥੧॥ ਰਹਾਉ ॥ ਘਰਿ ਘਰਿ ਖਾਇਆ ਪਿੰਡੁ ਬਧਾਇਆ ਖਿੰਥਾ ਮੁੰਦਾ ਮਾਇਆ ॥ ਭੂਮਿ ਮਸਾਣ ਕੀ ਭਸਮ ਲਗਾਈ ਗੁਰ ਬਿਨੁ ਤਤੁ ਨ ਪਾਇਆ ॥੨॥ ਕਾਇ ਜਪਹੁ ਰੇ ਕਾਇ ਤਪਹੁ ਰੇ ਕਾਇ ਬਿਲੋਵਹੁ ਪਾਣੀ ॥ ਲਖ ਚਉਰਾਸੀਹ ਜਿਨ੍ਹਿ ਉਪਾਈ ਸੋ ਸਿਮਰਹੁ ਨਿਰਬਾਣੀ ॥੩॥ ਕਾਇ ਕਮੰਡਲੁ ਕਾਪੜੀਆ ਰੇ ਅਠਸਠਿ ਕਾਇ ਫਿਰਾਹੀ ॥ ਬਦਤਿ ਤ੍ਰਿਲੋਚਨੁ ਸੁਨੁ ਰੇ ਪ੍ਰਾਣੀ ਕਣ ਬਿਨੁ ਗਾਹੁ ਕਿ ਪਾਹੀ ॥੪॥੧॥ {ਪੰਨਾ 525-526}

ਪਦਅਰਥ:- ਅੰਤਰੁ—ਅੰਦਰਲਾ (ਮਨ) {ਲਫ਼ਜ਼ 'ਅੰਤਰੁ' ਅਤੇ 'ਅੰਤਰਿ' ਦਾ ਫ਼ਰਕ ਸਮਝਣ ਲਈ ਵੇਖੋ 'ਗੁਰਬਾਣੀ ਵਿਆਕਰਣ'} । ਮਲਿ—ਮਲ ਵਾਲਾ, ਮਲੀਨ {ਨੋਟ:- ਲਫ਼ਜ਼ 'ਮਲੁ' ਵਿਆਕਰਣ ਅਨੁਸਾਰ 'ਨਾਂਵ' ਹੈ, ਇਸ ਤੋਂ ਲਫ਼ਜ਼ 'ਮਲਿ' ਵਿਸ਼ੇਸ਼ਣ} ਹੈ । ਕੀਨਾ—ਕੀਤਾ । ਭੇਖ—ਧਾਰਮਿਕ ਲਿਬਾਸ । ਉਦਾਸੀ—ਵਿਰਕਤ, ਜਗਤ ਵਲੋਂ ਉਪਰਾਮ । ਹਿਰਦੈ ਕਮਲੁ ਨ ਚੀਨ੍ਹਾ—ਹਿਰਦੇ ਦਾ ਕਉਲ-ਫੁੱਲ ਨਹੀਂ ਪਛਾਣਿਆ । ਘਟਿ—ਘਟ ਵਿਚ, ਹਿਰਦੇ ਵਿਚ ।੧।

ਰੇ—ਹੇ ਭਾਈ! ਨਹੀ ਨਹੀ—ਬਿਲਕੁਲ ਨਹੀਂ । ਚੀਨ੍ਹਿਆ—ਪਛਾਣਿਆ । ਪਰਮਾਨੰਦ—ਸਭ ਤੋਂ ਸ੍ਰੇਸ਼ਟ ਆਨੰਦ ਦੇ ਮਾਲਕ ਪ੍ਰਭੂ ਨੂੰ ।੧।ਰਹਾਉ।

ਘਰਿ ਘਰਿ—ਹਰੇਕ ਘਰ ਵਿਚ, ਹਰੇਕ ਘਰ ਤੋਂ, ਘਰ ਘਰ ਤੋਂ । ਪਿੰਡੁ—ਸਰੀਰ । ਬਧਾਇਆ—ਮੋਟਾ ਕਰ ਲਿਆ । ਖਿੰਥਾ—ਗੋਦੜੀ । ਮਸਾਣ ਭੂਮਿ—ਉਹ ਧਰਤੀ ਜਿਥੇ ਮੁਰਦੇ ਸਾੜੀਦੇ ਹਨ । ਭਸਮ—ਸੁਆਹ । ਤਤੁ—ਅਸਲੀਅਤ ।੨।

ਕਾਇ—ਕਾਹਦੇ ਲਈ? ਜਪਹੁ—ਜਪ ਕਰਦੇ ਹੋ । ਰੇ—ਹੇ ਭਾਈ! ਬਿਲੋਵਹੁ—ਰਿੜਕਦੇ ਹੋ । ਜਿਨਿ—ਜਿਸ (ਪ੍ਰਭੂ) ਨੇ । ਨਿਰਬਾਣੀ—ਵਾਸ਼ਨਾ-ਰਹਿਤ ਪ੍ਰਭੂ ।੩।

ਕਮੰਡਲੁ—{ਸੰ: km&f l} ਮਿੱਟੀ ਜਾਂ ਲੱਕੜ ਦਾ ਪਿਆਲਾ ਆਦਿਕ ਜੋ ਸਾਧੂ ਲੋਕ ਪਾਣੀ ਪੀਣ ਲਈ ਪਾਸ ਰੱਖਦੇ ਹਨ, ਖੱਪਰ । ਕਾਪੜੀਆ—ਟਾਕੀਆਂ ਦੀ ਬਣੀ ਹੋਈ ਗੋਦੜੀ ਪਹਿਨਣ ਵਾਲਾ । ਕਣ—ਅੰਨ ਦੇ ਦਾਣੇ । ਰੇ—ਹੇ ਭਾਈ! ਹੇ ਜੈ ਚੰਦ! ਅਠਸਠਿ—ਅਠਾਹਠ ਤੀਰਥ । ਬਦਤਿ—ਆਖਦਾ ਹੈ । ਕਣ—ਦਾਣੇ । ਕਿ—ਕਾਹਦੇ ਲਈ? ।੪।

ਅਰਥ:- ਜੇ (ਕਿਸੇ ਮਨੁੱਖ ਨੇ) ਅੰਦਰਲਾ ਮਲੀਨ (ਮਨ) ਸਾਫ਼ ਨਹੀਂ ਕੀਤਾ, ਪਰ ਬਾਹਰ (ਸਰੀਰ ਉਤੇ) ਸਾਧੂਆਂ ਵਾਲਾ ਬਾਣਾ ਪਾਇਆ ਹੋਇਆ ਹੈ, ਜੇ ਉਸ ਨੇ ਆਪਣੇ ਹਿਰਦੇ-ਰੂਪ ਕਉਲ ਨੂੰ ਨਹੀਂ ਪਰਖਿਆ, ਜੇ ਉਸ ਨੇ ਆਪਣੇ ਅੰਦਰ ਪਰਮਾਤਮਾ ਨਹੀਂ ਵੇਖਿਆ, ਤਾਂ ਸੰਨਿਆਸ ਧਾਰਨ ਕਰਨ ਦਾ ਕੋਈ ਲਾਭ ਨਹੀਂ ।੧।

ਹੇ ਜੈ ਚੰਦ! ਸਾਰੀ ਲੋਕਾਈ (ਇਸੇ ਭੁਲੇਖੇ ਵਿਚ) ਭੁੱਲੀ ਪਈ ਹੈ (ਕਿ ਨਿਰਾ ਫ਼ਕੀਰੀ ਭੇਖ ਧਾਰਿਆਂ ਪਰਮਾਤਮਾ ਮਿਲ ਪੈਂਦਾ ਹੈ, ਪਰ ਇਹ ਗ਼ਲਤ ਹੈ, ਇਸ ਤਰ੍ਹਾਂ) ਪਰਮਾਨੰਦ ਪ੍ਰਭੂ ਦੀ ਸੋਝੀ ਕਦੇ ਭੀ ਨਹੀਂ ਪੈਂਦੀ ।੧।ਰਹਾਉ।

(ਜਿਸ ਮਨੁੱਖ ਨੇ) ਘਰ ਘਰ ਤੋਂ (ਮੰਗ ਕੇ ਟੁੱਕਰ) ਖਾ ਲਿਆ, (ਆਪਣੇ) ਸਰੀਰ ਨੂੰ ਚੰਗਾ ਪਾਲ ਲਿਆ, ਗੋਦੜੀ ਪਹਿਨ ਲਈ, ਮੁੰਦ੍ਰਾਂ ਭੀ ਪਾ ਲਈਆਂ, (ਪਰ ਸਭ ਕੁਝ) ਮਾਇਆ ਦੀ ਖ਼ਾਤਰ ਹੀ (ਕੀਤਾ), ਮਸਾਣਾਂ ਦੀ ਧਰਤੀ ਦੀ ਸੁਆਹ ਭੀ (ਪਿੰਡੇ) ਮਲ ਲਈ, ਪਰ ਜੇ ਉਹ ਗੁਰੂ ਦੇ ਰਾਹ ਤੇ ਨਹੀਂ ਤੁਰਿਆ ਤਾਂ ਇਸ ਤਰ੍ਹਾਂ ਤੱਤ ਦੀ ਪ੍ਰਾਪਤੀ ਨਹੀਂ ਹੁੰਦੀ ।੨।

(ਹੇ ਭਾਈ!) ਕਿਉਂ (ਗਿਣੇ ਮਿਥੇ) ਜਪ ਕਰਦੇ ਹੋ? ਕਿਉਂ ਤਪ ਸਾਧਦੇ ਹੋ? ਕਾਹਦੇ ਲਈ ਪਾਣੀ ਰਿੜਕਦੇ ਹੋ? (ਹਠ ਨਾਲ ਕੀਤੇ ਹੋਏ ਇਹ ਸਾਧਨ ਤਾਂ ਪਾਣੀ ਰਿੜਕਣ ਸਮਾਨ ਹਨ); ਉਸ ਵਾਸ਼ਨਾ-ਰਹਿਤ ਪ੍ਰਭੂ ਨੂੰ (ਹਰ ਵੇਲੇ) ਯਾਦ ਕਰੋ, ਜਿਸ ਨੇ ਚੌਰਾਸੀ ਲੱਖ (ਜੋਨਿ ਵਾਲੀ ਸ੍ਰਿਸ਼ਟੀ) ਪੈਦਾ ਕੀਤੀ ਹੈ ।੩।

ਹੇ ਕਾਪੜੀਏ! (ਹੱਥ ਵਿਚ) ਖੱਪਰ ਫੜਨ ਦਾ ਕੋਈ ਲਾਭ ਨਹੀਂ । ਅਠਾਹਠ ਤੀਰਥਾਂ ਤੇ ਭਟਕਣ ਦਾ ਭੀ ਕੋਈ ਲਾਭ ਨਹੀਂ । ਤ੍ਰਿਲੋਚਨ ਆਖਦਾ ਹੈ—ਹੇ ਬੰਦੇ! ਸੁਣ; ਜੇ (ਭਰੀਆਂ ਵਿਚ) ਅੰਨ ਦੇ ਦਾਣੇ ਨਹੀਂ, ਤਾਂ ਗਾਹ ਪਾਣ ਦਾ ਕੋਈ ਲਾਭ ਨਹੀਂ ।੪।੧।

ਗੂਜਰੀ ॥ ਅੰਤਿ ਕਾਲਿ ਜੋ ਲਛਮੀ ਸਿਮਰੈ ਐਸੀ ਚਿੰਤਾ ਮਹਿ ਜੇ ਮਰੈ ॥ ਸਰਪ ਜੋਨਿ ਵਲਿ ਵਲਿ ਅਉਤਰੈ ॥੧॥ ਅਰੀ ਬਾਈ ਗੋਬਿਦ ਨਾਮੁ ਮਤਿ ਬੀਸਰੈ ॥ ਰਹਾਉ ॥ ਅੰਤਿ ਕਾਲਿ ਜੋ ਇਸਤ੍ਰੀ ਸਿਮਰੈ ਐਸੀ ਚਿੰਤਾ ਮਹਿ ਜੇ ਮਰੈ ॥ ਬੇਸਵਾ ਜੋਨਿ ਵਲਿ ਵਲਿ ਅਉਤਰੈ ॥੨॥ ਅੰਤਿ ਕਾਲਿ ਜੋ ਲੜਿਕੇ ਸਿਮਰੈ ਐਸੀ ਚਿੰਤਾ ਮਹਿ ਜੇ ਮਰੈ ॥ ਸੂਕਰ ਜੋਨਿ ਵਲਿ ਵਲਿ ਅਉਤਰੈ ॥੩॥ ਅੰਤਿ ਕਾਲਿ ਜੋ ਮੰਦਰ ਸਿਮਰੈ ਐਸੀ ਚਿੰਤਾ ਮਹਿ ਜੇ ਮਰੈ ॥ ਪ੍ਰੇਤ ਜੋਨਿ ਵਲਿ ਵਲਿ ਅਉਤਰੈ ॥੪॥ ਅੰਤਿ ਕਾਲਿ ਨਾਰਾਇਣੁ ਸਿਮਰੈ ਐਸੀ ਚਿੰਤਾ ਮਹਿ ਜੇ ਮਰੈ ॥ ਬਦਤਿ ਤਿਲੋਚਨੁ ਤੇ ਨਰ ਮੁਕਤਾ ਪੀਤੰਬਰੁ ਵਾ ਕੇ ਰਿਦੈ ਬਸੈ ॥੫॥੨॥ {ਪੰਨਾ 526}

ਪਦਅਰਥ:- ਅੰਤਿ ਕਾਲਿ—ਅੰਤ ਦੇ ਵੇਲੇ, ਮਰਨ ਸਮੇਂ । ਲਛਮੀ—ਮਾਇਆ, ਧਨ । ਸਿਮਰੈ—ਚੇਤੇ ਕਰਦਾ ਹੈ । ਵਲਿ ਵਲਿ—ਮੁੜ ਮੁੜ । ਅਉਤਰੈ—ਜੰਮਦਾ ਹੈ ।੧।

ਅਰੀ ਬਾਈ—ਹੇ ਭੈਣ! ਮਤਿ—ਮਤਾਂ, ਨਾਹ ।ਰਹਾਉ।

ਸੂਕਰ—ਸੂਰ ।੩।

ਬਦਤਿ—ਆਖਦਾ ਹੈ । ਮੁਕਤਾ—ਮਾਇਆ ਦੇ ਬੰਧਨਾਂ ਤੋਂ ਆਜ਼ਾਦ । ਪੀਤੰਬਰੁ—(ਪੀਤ+ਅੰਬਰ) ਪੀਲੇ ਕੱਪੜਿਆਂ ਵਾਲਾ ਕ੍ਰਿਸ਼ਨ, ਪਰਮਾਤਮਾ । ਵਾ ਕੇ—ਉਸ ਦੇ ।੫।

ਅਰਥ:- ਹੇ ਭੈਣ! (ਮੇਰੇ ਲਈ ਅਰਦਾਸ ਕਰ) ਮੈਨੂੰ ਕਦੇ ਪਰਮਾਤਮਾ ਦਾ ਨਾਮ ਨਾਹ ਭੁੱਲੇ (ਤਾਂ ਜੁ ਅੰਤ ਵੇਲੇ ਭੀ ਉਹ ਪਰਮਾਤਮਾ ਹੀ ਚੇਤੇ ਆਵੇ) ।ਰਹਾਉ।

ਜੋ ਮਨੁੱਖ ਮਰਨ ਵੇਲੇ ਧਨ-ਪਦਾਰਥ ਚੇਤੇ ਕਰਦਾ ਹੈ ਤੇ ਇਸੇ ਸੋਚ ਵਿਚ ਹੀ ਮਰ ਜਾਂਦਾ ਹੈ, ਉਹ ਮੁੜ ਮੁੜ ਸੱਪ ਦੀ ਜੂਨੇ ਪੈਂਦਾ ਹੈ ।੧।

ਜੋ ਮਨੁੱਖ ਮਰਨ ਸਮੇਂ (ਆਪਣੀ) ਇਸਤ੍ਰੀ ਨੂੰ ਹੀ ਯਾਦ ਕਰਦਾ ਹੈ ਤੇ ਇਸੇ ਯਾਦ ਵਿਚ ਪ੍ਰਾਣ ਤਿਆਗ ਦੇਂਦਾ ਹੈ, ਉਹ ਮੁੜ ਮੁੜ ਵੇਸਵਾ ਦਾ ਜਨਮ ਲੈਂਦਾ ਹੈ ।੨।

ਜੋ ਮਨੁੱਖ ਅੰਤ ਵੇਲੇ (ਆਪਣੇ) ਪੁੱਤ੍ਰਾਂ ਨੂੰ ਹੀ ਯਾਦ ਕਰਦਾ ਹੈ ਤੇ ਪੁੱਤ੍ਰਾਂ ਨੂੰ ਯਾਦ ਕਰਦਾ ਕਰਦਾ ਹੀ ਮਰ ਜਾਂਦਾ ਹੈ, ਉਹ ਸੂਰ ਦੀ ਜੂਨੇ ਮੁੜ ਮੁੜ ਜੰਮਦਾ ਹੈ ।੩।

ਜੋ ਮਨੁੱਖ ਅਖ਼ੀਰ ਵੇਲੇ (ਆਪਣੇ) ਘਰ ਮਹਲ-ਮਾੜੀਆਂ ਦੇ ਹਾਹੁਕੇ ਲੈਂਦਾ ਹੈ ਤੇ ਇਹਨਾਂ ਹਾਹੁਕਿਆਂ ਵਿਚ ਸਰੀਰ ਛੱਡ ਜਾਂਦਾ ਹੈ, ਉਹ ਮੁੜ ਮੁੜ ਪ੍ਰੇਤ ਬਣਦਾ ਹੈ ।੪।

ਤ੍ਰਿਲੋਚਨ ਆਖਦਾ ਹੈ—ਜੋ ਮਨੁੱਖ ਅੰਤ ਸਮੇਂ ਪਰਮਾਤਮਾ ਨੂੰ ਯਾਦ ਕਰਦਾ ਹੈ ਤੇ ਇਸ ਯਾਦ ਵਿਚ ਟਿਕਿਆ ਹੋਇਆ ਹੀ ਚੋਲਾ ਤਿਆਗਦਾ ਹੈ, ਉਹ ਮਨੁੱਖ (ਧਨ, ਇਸਤ੍ਰੀ, ਪੁੱਤਰ ਤੇ ਘਰ ਆਦਿਕ ਦੇ ਮੋਹ ਤੋਂ) ਆਜ਼ਾਦ ਹੋ ਜਾਂਦਾ ਹੈ, ਉਸ ਦੇ ਹਿਰਦੇ ਵਿਚ ਪਰਮਾਤਮਾ ਆਪ ਆ ਵੱਸਦਾ ਹੈ ।੫।੨।

ਭਗਤ-ਬਾਣੀ ਦੇ ਵਿਰੋਧੀ ਸੱਜਣ ਤ੍ਰਿਲੋਚਨ ਜੀ ਦੇ ਇਹਨਾਂ ਦੋਹਾਂ ਸ਼ਬਦਾਂ ਬਾਰੇ ਇਉਂ ਲਿਖਦੇ ਹਨ— "ਗੂਜਰੀ ਰਾਗ ਵਾਲਾ ਸ਼ਬਦ ਕਿਸੇ ਜੈਚੰਦ ਨਾਮੀ ਉਦਾਸੀ ਨਾਲ ਚਰਚਾ ਦਾ ਹੈ । ਰਾਗ ਗੂਜਰੀ ਦੇ ਦੋਵੇਂ ਸ਼ਬਦ ਪੁਰਾਣਕ ਮਤ ਦੇ ਲੇਖਾਂ ਅਨੁਸਾਰ ਕਰਮਾਂ ਪਰ ਵਿਚਾਰ ਹੈ; ਜਿਹਾ ਕਿ 'ਅੰਤ ਕਾਲਿ ਜੋ ਲਛਮੀ ਸਿਮਰੈ'। ਭਗਤ ਜੀ ਨੇ ਪਤਾ ਨਹੀਂ ਕਿਵੇਂ ਕਿਆਫ਼ਾ ਲਾਇਆ ਕਿ ਇਸ ਤਰ੍ਹਾਂ ਕਰਨ ਵਾਲਾ ਇਸ ਜੂਨ ਅੰਦਰ ਜਾਵੇਗਾ । ਕਰਤੇ ਦੀਆਂ ਬਾਤਾਂ ਕਰਤਾ ਹੀ ਜਾਣ ਸਕਦਾ ਹੈ । ਇਸੇ ਰਾਗ ਦਾ ਦੂਜਾ ਸ਼ਬਦ 'ਨਾਰਾਇਣ ਨਿੰਦਸਿ ਕਾਇ ਭੂਲੀ ਗਵਾਰੀ' ਵਾਲਾ ਹੈ ।"

ਇਉਂ ਜਾਪਦਾ ਹੈ ਕਿ ਸਾਡੇ ਵੀਰ ਨੇ ਭਗਤਾਂ ਦੀ ਬਾਣੀ ਦੇ ਵਿਰੁੱਧ ਕੁਝ ਨ ਕੁਝ ਲਿਖਣ ਦੀ ਸਹੁੰ ਖਾਧੀ ਹੋਈ ਹੈ । ਕਈ ਥਾਈਂ ਤਾਂ ਸਾਫ਼ ਪਿਆ ਦਿੱਸਦਾ ਹੈ ਕਿ ਵਿਰੋਧੀ ਸੱਜਣ ਨੇ ਸ਼ਬਦਾਂ ਨੂੰ ਗਹੁ ਨਾਲ ਪੜ੍ਹਨ ਦੀ ਖੇਚਲ ਭੀ ਨਹੀਂ ਕੀਤੀ । ਇਥੇ ਹੀ ਵੇਖੋ । ਗੂਜਰੀ ਰਾਗ ਵਿਚ ਤ੍ਰਿਲੋਚਨ ਜੀ ਦਾ "ਨਾਰਾਇਣ ਨਿੰਦਸਿ ਕਾਇ ਭੂਲੀ ਗਵਾਰੀ" ਵਾਲਾ ਸ਼ਬਦ ਨਹੀਂ ਹੈ । ਤੇ, ਪਹਿਲਾਂ ਲਿਖਦੇ ਹਨ ਕਿ ਗੂਜਰੀ ਰਾਗ ਦੇ ਦੋਵੇਂ ਸ਼ਬਦ ਕਰਮਾਂ ਪਰ ਵਿਚਾਰ ਹੈ । ਤ੍ਰਿਲੋਚਨ ਜੀ ਦਾ ਪਹਿਲਾ ਸ਼ਬਦ "ਅੰਤਰ ਮਲਿ, ਨਿਰਮਲੁ ਨਹੀ ਕੀਨਾ" ਗਹੁ ਨਾਲ ਪੜ੍ਹ ਕੇ ਵੇਖੋ । ਇਥੇ ਕਰਮਾਂ ਬਾਰੇ ਕੋਈ ਜ਼ਿਕਰ ਨਹੀਂ ਹੈ । ਸਾਰੇ ਸ਼ਬਦ ਵਿਚ ਭੇਖ ਦਾ ਖੰਡਣ ਕੀਤਾ ਹੋਇਆ ਹੈ, ਤੇ ਪਰਮਾਤਮਾ ਨਾਲ ਜਾਣ-ਪਛਾਣ ਪਾਣ ਤੇ ਜ਼ੋਰ ਦਿੱਤਾ ਗਿਆ ਹੈ । ਇਹੀ ਆਸ਼ਾ ਗੁਰਮਤਿ ਦਾ ਹੈ । ਪਰ ਸਾਡੇ ਸੱਜਣ ਜੀ ਲਿਖਦੇ ਹਨ ਕਿ "ਭਗਤ ਜੀ ਦੇ ਪੰਜੇ ਸ਼ਬਦ ਗੁਰਮਤਿ ਦੇ ਕਿਸੇ ਭੀ ਆਸ਼ੇ ਦਾ ਪਰਚਾਰ ਨਹੀਂ ਕਰਦੇ ।"

ਹੁਣ ਰਹਿ ਗਿਆ ਗੂਜਰੀ ਰਾਗ ਵਿਚ ਭਗਤ ਜੀ ਦਾ ਦੂਜਾ ਸ਼ਬਦ । ਇਸ ਬਾਰੇ ਸਾਡਾ ਵੀਰ ਦੋ ਇਤਰਾਜ਼ ਕਰਦਾ ਹੈ:

(੧) ਇਥੇ ਪੁਰਾਣਕ ਮਤ ਦੇ ਲੇਖਾਂ ਅਨੁਸਾਰ ਕਰਮਾਂ ਤੇ ਵਿਚਾਰ ਹੈ ।

(੨) ਭਗਤ ਜੀ ਨੇ ਕਿਵੇਂ ਕਿਆਫ਼ਾ ਲਾਇਆ ਕਿ ਇਸ ਤਰ੍ਹਾਂ ਕਰਨ ਵਾਲਾ ਇਸ ਜੂਨ ਵਿਚ ਜਾਵੇਗਾ ।

ਇਹ ਗੱਲ ਬੜੀ ਸਾਦੀ ਜਿਹੀ ਹੈ । ਸ਼ਾਇਦ ਸਾਡੇ ਸੱਜਣ ਨੇ ਧਿਆਨ ਨਹੀਂ ਦਿੱਤਾ । ਭਗਤ ਤ੍ਰਿਲੋਚਨ ਜੀ ਆਪ ਬ੍ਰਾਹਮਣ ਜਾਤੀ ਦੇ ਸਨ । ਤੇ, ਇਸ ਸ਼ਬਦ ਦੀ ਰਾਹੀਂ ਹਿੰਦੂ ਜਾਤੀ ਦੇ ਭਰਾਵਾਂ ਨੂੰ ਸਿੱਖਿਆ ਦੇ ਰਹੇ ਹਨ । ਹਿੰਦੂਆਂ ਵਿਚ ਹਿੰਦੂ ਧਰਮ ਦੇ ਪੁਰਾਣਾਂ ਸ਼ਾਸਤ੍ਰਾਂ ਵਾਲੇ ਹੀ ਖ਼ਿਆਲ ਕੁਦਰਤੀ ਤੌਰ ਤੇ ਪ੍ਰਚਲਤ ਸਨ । ਜੂਨਾਂ ਵਿਚ ਪੈਣ ਬਾਰੇ ਜੋ ਖ਼ਿਆਲ ਆਮ ਹਿੰਦੂ ਜਨਤਾ ਵਿਚ ਚੱਲੇ ਹੋਏ ਸਨ ਉਹਨਾਂ ਦਾ ਹੀ ਹਵਾਲਾ ਦੇ ਕੇ ਤ੍ਰਿਲੋਚਨ ਜੀ ਸਮਝਾ ਰਹੇ ਹਨ ਕਿ ਸਾਰੀ ਉਮਰ ਧਨ ਇਸਤ੍ਰੀ ਪੁੱਤਰ ਤੇ ਮਹਲ-ਮਾੜੀਆਂ ਦੇ ਧੰਧਿਆਂ ਵਿਚ ਹੀ ਇਤਨਾ ਖਚਿਤ ਨਾਹ ਰਹੋ ਕਿ ਮਰਨ ਵੇਲੇ ਭੀ ਸੁਰਤਿ ਇਹਨਾਂ ਵਿਚ ਹੀ ਟਿਕੀ ਰਹੇ । ਗ੍ਰਿਹਸਤ-ਜੀਵਨ ਦੀਆਂ ਜ਼ਿੰਮੇਵਾਰੀਆਂ ਇਸ ਤਰੀਕੇ ਨਾਲ ਨਿਭਾਓ ਕਿ ਕਿਰਤ-ਕਾਰ ਕਰਦਿਆਂ ਭੀ "ਅਰੀ ਬਾਈ, ਗੋਬਿੰਦ ਨਾਮੁ ਮਤਿ ਬੀਸਰੈ"; ਤਾਕਿ ਅੰਤ ਵੇਲੇ ਧਨ ਇਸਤ੍ਰੀ ਪੁੱਤਰ ਮਹਲ-ਮਾੜੀਆਂ ਵਿਚ ਸੁਰਤਿ ਭਟਕਣ ਦੇ ਥਾਂ ਮਨ ਪ੍ਰਭੂ-ਚਰਨਾਂ ਵਿਚ ਜੁੜੇ । ਸੋ, ਭਗਤ ਜੀ ਨੇ ਕੋਈ ਕਿਆਫ਼ਾ ਨਹੀਂ ਲਾਇਆ, ਹਿੰਦੂ ਜਨਤਾ ਵਿਚ ਚੱਲੇ ਹੋਏ ਖ਼ਿਆਲਾਂ ਨੂੰ ਹੀ ਉਹਨਾਂ ਦੇ ਸਾਹਮਣੇ ਰੱਖ ਕੇ ਉਹਨਾਂ ਨੂੰ ਹੀ ਸਹੀ ਜੀਵਨ ਦਾ ਰਸਤਾ ਦੱਸ ਰਹੇ ਹਨ ।

ਸਾਡੇ ਵੀਰ ਨੇ ਬੜੀ ਕਾਹਲੀ ਵਿਚ ਇਹ ਟੋਕ ਕਰ ਦਿੱਤੀ ਹੈ । ਨਹੀਂ ਤਾਂ ਇਹ ਗੱਲ ਉਸੇ ਤਰ੍ਹਾਂ ਦੀ ਹੀ ਹੈ, ਜਿਵੇਂ ਮੁਸਲਮਾਨਾਂ ਨੂੰ ਸਮਝਾਣ ਵਾਸਤੇ ਸਤਿਗੁਰੂ ਨਾਨਕ ਦੇਵ ਜੀ ਨੇ ਹੇਠ ਲਿਖੇ ਸ਼ਲੋਕ ਦੀ ਰਾਹੀਂ ਉਹਨਾਂ ਵਿਚ ਚੱਲੇ ਹੋਏ ਖ਼ਿਆਲ ਦਾ ਹਵਾਲਾ ਦੇ ਕੇ ਰੱਬ ਦੀਆਂ ਵਹੀਆਂ ਦਾ ਜ਼ਿਕਰ ਕੀਤਾ ਹੈ:

"ਨਾਨਕ ਆਖੈ ਰੇ ਮਨਾ, ਸੁਣੀਐ ਸਿਖ ਸਹੀ ।
ਲੇਖਾ ਰਬੁ ਮੰਗੇਸੀਆ, ਬੈਠਾ ਕਢਿ ਵਹੀ ।" ।੨।੧੩। {ਸਲੋਕ ਮ: ੧, ਰਾਮਕਲੀ ਕੀ ਵਾਰ ਮ: ੩

ਗੂਜਰੀ ਸ੍ਰੀ ਜੈਦੇਵ ਜੀਉ ਕਾ ਪਦਾ ਘਰੁ ੪ ੴ ਸਤਿਗੁਰ ਪ੍ਰਸਾਦਿ ॥ ਪਰਮਾਦਿ ਪੁਰਖਮਨੋਪਿਮੰ ਸਤਿ ਆਦਿ ਭਾਵ ਰਤੰ ॥ ਪਰਮਦਭੁਤੰ ਪਰਕ੍ਰਿਤਿ ਪਰੰ ਜਦਿਚਿੰਤਿ ਸਰਬ ਗਤੰ ॥੧॥ ਕੇਵਲ ਰਾਮ ਨਾਮ ਮਨੋਰਮੰ ॥ ਬਦਿ ਅੰਮ੍ਰਿਤ ਤਤ ਮਇਅੰ ॥ ਨ ਦਨੋਤਿ ਜਸਮਰਣੇਨ ਜਨਮ ਜਰਾਧਿ ਮਰਣ ਭਇਅੰ ॥੧॥ ਰਹਾਉ ॥ ਇਛਸਿ ਜਮਾਦਿ ਪਰਾਭਯੰ ਜਸੁ ਸ੍ਵਸਤਿ ਸੁਕ੍ਰਿਤ ਕ੍ਰਿਤੰ ॥ ਭਵ ਭੂਤ ਭਾਵ ਸਮਬ੍ਯ੍ਯਿਅੰ ਪਰਮੰ ਪ੍ਰਸੰਨਮਿਦੰ ॥੨॥ ਲੋਭਾਦਿ ਦ੍ਰਿਸਟਿ ਪਰ ਗ੍ਰਿਹੰ ਜਦਿਬਿਧਿ ਆਚਰਣੰ ॥ ਤਜਿ ਸਕਲ ਦੁਹਕ੍ਰਿਤ ਦੁਰਮਤੀ ਭਜੁ ਚਕ੍ਰਧਰ ਸਰਣੰ ॥੩॥ ਹਰਿ ਭਗਤ ਨਿਜ ਨਿਹਕੇਵਲਾ ਰਿਦ ਕਰਮਣਾ ਬਚਸਾ ॥ ਜੋਗੇਨ ਕਿੰ ਜਗੇਨ ਕਿੰ ਦਾਨੇਨ ਕਿੰ ਤਪਸਾ ॥੪॥ ਗੋਬਿੰਦ ਗੋਬਿੰਦੇਤਿ ਜਪਿ ਨਰ ਸਕਲ ਸਿਧਿ ਪਦੰ ॥ ਜੈਦੇਵ ਆਇਉ ਤਸ ਸਫੁਟੰ ਭਵ ਭੂਤ ਸਰਬ ਗਤੰ ॥੫॥੧॥ {ਪੰਨਾ 526}

ਨੋਟ:- ਭਗਤ ਜੈਦੇਵ ਜੀ ਦਾ ਇਹ ਸ਼ਬਦ ਗੂਜਰੀ ਰਾਗ ਵਿਚ ਹੈ । ਇਸੇ ਹੀ ਰਾਗ ਦੇ ਸ਼ੁਰੂ ਵਿਚ ਗੁਰੂ ਨਾਨਕ ਦੇਵ ਜੀ ਦਾ ਇਕ ਸ਼ਬਦ ਹੈ । ਦੋਹਾਂ ਨੂੰ ਆਮ੍ਹੋ ਸਾਹਮਣੇ ਰੱਖ ਕੇ ਪੜ੍ਹੀਏ ਤਾਂ ਪ੍ਰਤੱਖ ਪ੍ਰਤੀਤ

ਹੁੰਦਾ ਹੈ ਕਿ ਸ਼ਬਦ ਉਚਾਰਨ ਵੇਲੇ ਗੁਰੂ ਨਾਨਕ ਸਾਹਿਬ ਜੀ ਦੇ ਸਾਹਮਣੇ ਜੈਦੇਵ ਜੀ ਦਾ ਇਹ ਸ਼ਬਦ ਮੌਜੂਦ ਸੀ । ਗੁਰੂ ਨਾਨਕ ਦੇਵ ਜੀ ਦਾ ਉਹ ਸ਼ਬਦ ਹੇਠ ਦਿੱਤਾ ਜਾਂਦਾ ਹੈ:-

ਗੂਜਰੀ ਮਹਲਾ ੧ ਘਰੁ ੪
ਭਗਤਿਪ੍ਰੇਮ ਆਰਾਧਿਤੰ, ਸਚੁ ਪਿਆਸ ਪਰਮ ਹਿਤੰ ॥ ਬਿਲਲਾਪ ਬਿਲਲ ਬਿਨੰਤੀਆ, ਸੁਖ ਭਾਇ ਚਿਤ ਹਿਤੰ ॥੧॥ ਜਪਿ ਮਨ ਨਾਮੁ ਹਰਿ ਸਰਣੀ ॥ ਸੰਸਾਰ ਸਾਗਰ ਤਾਰਿ ਤਾਰਣ, ਰਮ ਨਾਮ ਕਰਿ ਕਰਣੀ ॥੧॥ਰਹਾਉ॥ ਏ ਮਨ ਮਿਰਤ ਸੁਭ ਚਿੰਤੰ, ਗੁਰ ਸਬਦਿ ਹਰਿ ਰਮਣੰ ॥ ਮਤਿ ਤਤੁ ਗਿਆਨੰ, ਕਲਿਆਣ ਨਿਧਾਨੰ, ਹਰਿ ਨਾਮ ਮਨਿ ਰਮਣੰ ॥੨॥ ਚਲ ਚਿਤ ਵਿਤ ਭ੍ਰਮਾ ਭ੍ਰਮੰ ਜਗੁ ਮੋਹ ਮਗਨ ਹਿਤੰ ॥ ਥਿਰੁ ਨਾਮੁ ਭਗਤ ਦਿੜੰ ਮਤੀ, ਗੁਰ ਵਾਕਿ ਸਬਦ ਰਤੰ ॥੩॥ ਭਰਮਾਤਿ ਭਰਮੁ ਨ ਚੂਕਈ, ਜਗੁ ਜਨਮਿ ਬਿਆਧਿ ਖਪੰ ॥ ਅਸਥਾਨੁ ਹਰਿ ਨਿਹਕੇਵਲੰ, ਸਤਿ ਮਤੀ ਨਾਮ ਤਪੰ ॥੪॥ ਇਹੁ ਜਗੁ ਮੋਹ ਹੇਤ ਬਿਆਪਿਤੰ, ਦੁਖੁ ਅਧਿਕ ਜਨਮ ਮਰਣੰ ॥ ਭਜੁ ਸਰਣਿ ਸਤਿਗੁਰ ਊਬਰਹਿ, ਹਰਿ ਨਾਮੁ ਰਿਦ ਰਮਣੰ ॥੫॥ ਗੁਰਮਤਿ ਨਿਹਚਲ ਮਨਿ ਮਨੁ ਮਨੰ ਸਹਜ ਬੀਚਾਰੰ ॥ ਸੋ ਮਨੁ ਨਿਰਮਲੁ, ਜਿਤੁ ਸਾਚੁ ਅੰਤਰਿ, ਗਿਆਨ ਰਤਨੁ ਸਾਰੰ ॥੬॥ ਭੈ ਭਾਇ ਭਗਤਿ ਤਰੁ ਭਵਜਲੁ ਮਨਾ, ਚਿਤੁ ਲਾਇ ਹਰਿ ਚਰਣੀ ॥ ਹਰਿ ਨਾਮੁ ਹਿਰਦੈ ਪਵਿਤ੍ਰੁ ਪਾਵਨੁ, ਇਹੁ ਸਰੀਰੁ ਤਉ ਸਰਣੀ ॥੭॥ ਲਬ ਲੋਭ ਲਹਰਿ ਨਿਵਾਰਣੰ, ਹਰਿ ਨਾਮ ਰਾਸਿ ਮਨੰ ॥ ਮਨੁ ਮਾਰਿ ਤੁਹੀ ਨਿਰੰਜਨਾ, ਕਹੁ ਨਾਨਕ ਸਰਨੰ ॥੮॥੧॥੫॥

ਕਈ ਗੱਲਾਂ ਵਿਚ ਇਹ ਸ਼ਬਦ ਆਪੋ ਵਿਚ ਮਿਲਦੇ ਹਨ:-

(੧) ਦੋਵੇਂ ਸ਼ਬਦ 'ਘਰੁ ੪' ਵਿਚ ਹਨ ।

(੨) ਸੁਰ ਨਾਲ ਦੋਹਾਂ ਨੂੰ ਪੜ੍ਹ ਕੇ ਵੇਖੋ, ਛੰਦ ਦੀ ਚਾਲ ਇੱਕੋ ਜਿਹੀ ਹੈ ।

(੩) ਦੋਹਾਂ ਦੀ ਬੋਲੀ ਭੀ ਤਕਰੀਬਨ ਇਕੋ ਜਿਹੀ ਹੈ ।

(੪) ਕਈ ਲਫ਼ਜ਼ ਦੋਹਾਂ ਸ਼ਬਦਾਂ ਵਿਚ ਸਾਂਝੇ ਹਨ ।

ਦੋਹਾਂ ਸ਼ਬਦਾਂ ਦੀ ਇਸ ਡੂੰਘੀ ਸਾਂਝ ਤੋਂ ਅੰਦਾਜ਼ਾ ਇਹੀ ਲੱਗਦਾ ਹੈ ਕਿ ਜਦੋਂ ਗੁਰੂ ਨਾਨਕ ਦੇਵ ਜੀ ਆਪਣੀ ਪਹਿਲੀ ਉਦਾਸੀ ਵਿਚ (ਸੰਨ ੧੫੦੮ ਤੋਂ ਸੰਨ ੧੫੧੫ ਤਕ) ਸਾਰੇ ਹਿੰਦੂ ਤੀਰਥਾਂ ਤੇ ਗਏ ਤਾਂ ਭਗਤ ਜੈਦੇਵ ਜੀ ਦੇ ਜਨਮ-ਨਗਰ ਭੀ ਪਹੁੰਚੇ । ਉਥੋਂ ਭਗਤ ਜੀ ਦਾ ਇਹ ਸ਼ਬਦ ਮਿਲਿਆ; ਇਸ ਨੂੰ ਆਪਣੇ ਆਸ਼ੇ-ਅਨੁਸਾਰ ਵੇਖ ਕੇ ਇਸ ਦਾ ਉਤਾਰਾ ਆਪਣੇ ਪਾਸ ਰੱਖ ਲਿਆ ਤੇ ਇਸੇ ਹੀ ਰੰਗ ਢੰਗ ਦਾ ਸ਼ਬਦ ਆਪਣੇ ਵਲੋਂ ਉਚਾਰ ਕੇ ਇਸ ਸ਼ਬਦ ਨਾਲ ਪੱਕੀ ਡੂੰਘੀ ਸਾਂਝ ਪਾ ਲਈ ।

ਕਈ ਸੱਜਣ ਇਹ ਖ਼ਿਆਲ ਕਰਦੇ ਹਨ ਕਿ ਭਗਤਾਂ ਦੀ ਬਾਣੀ ਗੁਰੂ ਅਰਜਨ ਸਾਹਿਬ ਨੇ ਇਕੱਠੀ ਕੀਤੀ ਸੀ । ਪਰ ਜਿਥੋਂ ਤੱਕ ਇਸ ਸ਼ਬਦ ਦਾ ਸੰਬੰਧ ਹੈ, ਇਹ ਸ਼ਬਦ ਹਰ ਹਾਲਤ ਵਿਚ ਗੁਰੂ ਨਾਨਕ ਦੇਵ ਜੀ ਨੇ ਆਪ ਭਗਤ ਜੈਦੇਵ ਜੀ ਦੀ ਜਨਮ-ਭੂਮੀ ਵਲੋਂ ਲਿਆਂਦਾ ਹੈ; ਇਹੀ ਕਾਰਨ ਹੈ ਕਿ ਇਹਨਾਂ ਦੋਹਾਂ ਸ਼ਬਦਾਂ ਵਿਚ ਇਤਨੇ ਨੇੜੇ ਦੀ ਸਾਂਝ ਹੈ ।

ਪਦਅਰਥ:- ਪਰਮਾਦਿ—ਪਰਮ+ਆਦਿ । ਪਰਮ—ਸਭ ਤੋਂ ਉੱਚਾ । ਆਦਿ—(ਸਭ ਦਾ) ਮੁੱਢ । ਪੁਰਖਮਨੋਪਿਮੰ—ਪੁਰਖੰ+ਅਨੋਪਿਮੰ {p}-+Anipm} । ਪੁਰਖ—ਸਭ ਵਿਆਪਕ । ਅਨੋਪਿਮ—{ਅਨ+ਉਪਮ} ਜਿਸ ਵਰਗਾ ਹੋਰ ਕੋਈ ਨਹੀਂ । ਸਤਿ—ਸਦਾ-ਥਿਰ ਰਹਿਣ ਵਾਲਾ । ਆਦਿ—ਆਦਿਕ । ਭਾਵ—ਗੁਣ । ਰਤੰ—ਰੱਤਾ ਹੋਇਆ, ਸੰਯੁਕਤ । ਸਤਿ ਆਦਿ ਭਾਵ ਰਤੰ—ਜਿਸ ਵਿਚ

ਥਿਰਤਾ ਆਦਿਕ ਗੁਣ ਮੌਜੂਦ ਹਨ । ਪਰਮਦਭੁਤੰ—ਪਰੰ+ਅਦਭੁਤੰ । ਪਰੰ—ਬਹੁਤ ਹੀ । ਅਦਭੁਤ—ਅਸਚਰਜ । ਪਰਕ੍ਰਿਤਿ—ਪ੍ਰਕ੍ਰਿਤਿ, {pløiq}, ਮਾਇਆ । ਪਰਕ੍ਰਿਤਿ ਪਰੰ—ਮਾਇਆ ਤੋਂ ਪਾਰ । ਜਦਿਚਿੰਤਿ—ਜਦ+ਅਚਿੰਤਿ {Xq+AicNÄX} । ਜਦ—ਜੋ । ਅਚਿੰਤਿ—{AicNÄX incomprehensible} ਜਿਸ ਦਾ ਮੁਕੰਮਲ ਸਰੂਪ ਸੋਚ-ਮੰਡਲ ਵਿਚ ਨਹੀਂ ਆ ਸਕਦਾ । ਸਰਬ ਗਤੰ—ਜੋ ਹਰ ਥਾਂ ਅੱਪੜਿਆ ਹੋਇਆ ਹੈ ।੧।

ਮਨੋਰਮੰ—{mnorm}, ਮਨ ਨੂੰ ਮੋਹਣ ਵਾਲਾ, ਸੁੰਦਰ । ਬਦਿ—{vÜ to utter} ਬੋਲ, ਉੱਚਾਰ । ਅੰਮ੍ਰਿਤ ਮਇਅੰ—ਅੰਮ੍ਰਿਤ ਨਾਲ ਭਰਪੂਰ; ਅੰਮ੍ਰਿਤ-ਰੂਪ । ਦਨੋਤਿ—{d—to afflict, ਦੁੱਖ ਦੇਣਾ} ਦੁੱਖ ਦੇਂਦਾ ਹੈ । ਜਸਮਰਣੇਨ—ਜਸ+ਸਮਰਣੇਨ {XÔX+Ômrxn} ਜਸ—ਜੱਸ, ਜਿਸ ਦਾ । ਸਮਰਣੇਨ—ਸਿਮਰਨ ਕਰਨ ਨਾਲ । ਜਰਾਧਿ—ਜਰਾ+ਆਧਿ । ਜਰਾ—ਬੁਢੇਪਾ । ਆਧਿ—ਰੋਗ, ਮਾਨਸਕ ਰੋਗ । ਭਇਅੰ—ਭਯ, ਡਰ ।੧।ਰਹਾਉ।

ਇਛਸਿ—ਇੱਛਸਿ {eÁCis}, ਜੋ ਤੂੰ ਚਾਹੁੰਦਾ ਹੈਂ । ਜਮਾਦਿ—ਜਮ+ਆਦਿ, ਜਮ ਆਦਿਕ । ਪਰਾਭਯੰ—{Skt. prwBv, ਪਰਾਭਵੰ । B—to become. prwB—to defeat.} (ਕਿਸੇ ਨੂੰ) ਜਿੱਤਣਾ, (ਕਿਸੇ ਨੂੰ) ਸ਼ਿਕੱਸਤ ਦੇਣੀ । ਜਸੁ—ਸੋਭਾ, ਵਡਿਆਈ । ਸੂਸਤਿ {Skt. ÔviÔq} ਕਲਿਆਣ, ਸੁਖ । ਸੁਕ੍ਰਿਤ—ਭਲਾਈ, ਨੇਕ ਕੰਮ । ਸੁਕ੍ਰਿਤ ਕ੍ਰਿਤੰ—ਨੇਕ ਕੰਮ ਕਰਨਾ । ਭਵ—ਹੁਣ ਵਾਲਾ ਸਮਾ । ਭੂਤ—ਗੁਜ਼ਰ ਚੁੱਕਾ ਸਮਾ । ਭਾਵ—{ਭਾਵਜ} ਆਉਣ ਵਾਲਾ ਸਮਾ । ਸਮਬ੍ਰਿਅੰ—ਸੰ+ਅਬ੍ਰਿਅੰ {s+A0Xv; ਸੰ:+ਅਵਜਯੰ । ਵਜਯੰ=ਬ੍ਰਿਅ, ਨਾਸ । ਅਵਜਯ=ਅਬ੍ਰਿਅ, ਨਾਸ ਰਹਿਤ । ਸੰ—ਪੂਰਨ ਤੌਰ ਤੇ} ਪੂਰਨ ਤੌਰ ਤੇ ਨਾਸ-ਰਹਿਤ । ਪ੍ਰਸੰਨਮਿਦੰ—ਪ੍ਰਸੰਨੰ+ਇਦੰ, {psNn+ed} । ਇਦੰ—ਇਹ (ਪਰਮਾਤਮਾ) ।੨। ਲੋਭਾਦਿ—ਲੋਭ+ਆਦਿ, ਲੋਭ ਆਦਿਕ । ਦ੍ਰਿਸਟਿ—ਨਜ਼ਰ । ਗ੍ਰਿਹ—ਘਰ । ਪਰ—ਪਰਾਇਆ । ਜਦਿਬਿਧਿ—ਜਦ+ਅਬਿਧਿ {Xq+AiviD} । ਜਦ—{Xq} ਜੋ । ਅਬਿਧਿ—ਅ+ਬਿਧਿ, ਵਿਧੀ ਦੇ ਉਲਟ, ਮਰਯਾਦਾ ਦੇ ਵਿਰੁੱਧ, ਮੰਦਾ । ਅਬਿਧਿ ਆਚਰਨ—ਮੰਦਾ ਆਚਰਨ । ਤਜਿ—ਛੱਡ ਦੇਹ । ਸਕਲ—ਸਾਰੇ । ਦੁਹਕ੍ਰਿਤ—ਦੁਹ+ਕ੍ਰਿਤ, ਭੈੜੇ ਕੰਮ । ਦੁਰਮਤੀ—ਭੈੜੀ ਮੱਤ । ਭਜੁ—ਜਾਓ, ਪਵੋ । ਚਕ੍ਰਧਰ—ਚੱਕ੍ਰਧਾਰੀ, ਸੁਦਰਸ਼ਨ ਚੱਕ੍ਰਧਾਰੀ, ਉਹ ਪ੍ਰਭੂ ਜਿਸ ਦੇ ਹੱਥ ਵਿਚ ਸੁਦਰਸ਼ਨ ਚੱਕ੍ਰ ਹੈ, ਉਹ ਪ੍ਰਭੂ ਜੋ ਸਭ ਨੂੰ ਨਾਸ ਭੀ ਕਰ ਸਕਦਾ ਹੈ ।੩।

ਹਰਿ ਭਗਤ ਨਿਜ—ਹਰੀ ਦੇ ਨਿਜ ਭਗਤ, ਪ੍ਰਭੂ ਦੇ ਆਪਣੇ ਭਗਤ, ਪ੍ਰਭੂ ਦੇ ਪਿਆਰੇ ਭਗਤ । ਨਿਹਕੇਵਲ {ins+kvÑX} ਪੂਰਨ ਤੌਰ ਤੇ ਪਵਿਤ੍ਰ । ਕਰਮਣਾ—{kmxw—in action । ਸੰਸਕ੍ਰਿਤ ਲਫ਼ਜ਼ 'ਕਰਮਨ' (kmn) ਤੋਂ 'ਕਰਮਣਾ' (kmxw) ਕਰਣ ਕਾਰਕ Instrumental case ਇਕ-ਵਚਨ ਹੈ} ਕੰਮ ਦੀ ਰਾਹੀਂ ਕਰਤੂਤ ਤੋਂ । ਬਚਸਾ—{bcsw । ਸੰਸਕ੍ਰਿਤ ਦੇ ਲਫ਼ਜ਼ 'ਵਚਸ' (vcs) ਤੋਂ 'ਵਚਸਾ' ਕਰਣ ਕਾਰਕ ਇਕ-ਵਚਨ} ਬਚਨ ਦੀ ਰਾਹੀਂ, (in word) । ਕਿੰ—ਕੀਹ ਲਾਭ ਹੈ? (ਨੋਟ:- ਜਦੋਂ ਸੰਸਕ੍ਰਿਤ ਲਫ਼ਜ਼ 'ਕਿੰ' ਦਾ ਅਰਥ ਹੋਵੇ 'ਇਸ ਦਾ ਕੀਹ ਲਾਭ ਹੈ? ਕੋਈ ਲਾਭ ਨਹੀਂ' ਤਾਂ ਜਿਸ ਲਫ਼ਜ਼ ਨਾਲ ਇਹ ਵਰਤਿਆ ਜਾਂਦਾ ਹੈ ਉਸ ਨੂੰ ਕਰਣ ਕਾਰਕ Instrumental case ਵਿਚ ਲਿਖੀਦਾ ਹੈ । ਤਾਹੀਏਂ ਲਫ਼ਜ਼ ਜੋਗੇਨ, ਜਗੇਨ, ਦਾਨੇਨ ਅਤੇ 'ਤਪਸਾ' ਕਰਣ ਕਾਰਕ ਵਿਚ ਵਰਤੇ ਗਏ ਹਨ) । ਤਪਸਾ—{ਲਫ਼ਜ਼ 'ਵਚਸਾ' ਵਾਂਗ 'ਤਪਸਾ' ਭੀ ਕਰਣ ਕਾਰਕ ਇਕ-ਵਚਨ ਹੈ, ਅਸਲ ਲਫ਼ਜ਼ ਹੈ 'ਤਪਸ' (qps)} ਤਪ ਦੀ ਰਾਹੀਂ । ਤਪਸਾ

ਕਿੰ—ਤਪ ਦੀ ਰਾਹੀਂ ਕੀਹ ਲਾਭ? ਤਪ ਕਰਨ ਤੋਂ ਕੋਈ ਲਾਭ ਨਹੀਂ ।੪।

ਗੋਬਿੰਦੇਤਿ—ਗੋਬਿੰਦ+ਇਤਿ । ਇਤਿ—ਇਹ, ਇਉਂ । ਨਰ—ਹੇ ਨਰ! ਸਕਲ ਸਿਧਿ ਪਦੰ—ਸਾਰੀਆਂ ਸਿੱਧੀਆਂ ਦਾ ਟਿਕਾਣਾ । ਤਸ—ਤੱਸ੍ਯ, ਉਸ ਦੀ (ਸਰਨ) । ਸਫੁਟੰ—ਪ੍ਰਤੱਖ ਤੌਰ ਤੇ, ਖੁਲ੍ਹਮ ਖੁਲ੍ਹਾ ।੫।੧।

ਅਰਥ:- (ਹੇ ਭਾਈ!) ਕੇਵਲ ਪਰਮਾਤਮਾ ਦਾ ਸੁੰਦਰ ਨਾਮ ਸਿਮਰ, ਜੋ ਅੰਮ੍ਰਿਤ-ਭਰਪੂਰ ਹੈ, ਜੋ ਅਸਲੀਅਤ-ਰੂਪ ਹੈ, ਅਤੇ ਜਿਸ ਦੇ ਸਿਮਰਨ ਨਾਲ ਜਨਮ ਮਰਨ, ਬੁਢੇਪਾ, ਚਿੰਤਾ, ਫ਼ਿਕਰ ਅਤੇ ਮੌਤ ਦਾ ਡਰ ਦੁੱਖ ਨਹੀਂ ਦੇਂਦਾ ।੧।ਰਹਾਉ।

ਉਹ ਪਰਮਾਤਮਾ ਸਭ ਤੋਂ ਉੱਚੀ ਹਸਤੀ ਹੈ, ਸਭ ਦਾ ਮੂਲ ਹੈ, ਸਭ ਵਿਚ ਵਿਆਪਕ ਹੈ, ਉਸ ਵਰਗਾ ਹੋਰ ਕੋਈ ਨਹੀਂ, ਉਸ ਵਿਚ ਥਿਰਤਾ ਆਦਿਕ (ਸਾਰੇ) ਗੁਣ ਮੌਜੂਦ ਹਨ; ਉਹ ਪ੍ਰਭੂ ਬਹੁਤ ਹੀ ਅਸਚਰਜ ਹੈ, ਮਾਇਆ ਤੋਂ ਪਰੇ ਹੈ, ਉਸ ਦਾ ਮੁਕੰਮਲ ਸਰੂਪ ਸੋਚ-ਮੰਡਲ ਵਿਚ ਨਹੀਂ ਆ ਸਕਦਾ, ਅਤੇ ਉਹ ਹਰ ਥਾਂ ਅੱਪੜਿਆ ਹੋਇਆ ਹੈ ।੧।

(ਹੇ ਭਾਈ!) ਜੇ ਤੂੰ ਜਮ ਆਦਿਕ ਨੂੰ ਜਿੱਤਣਾ ਚਾਹੁੰਦਾ ਹੈਂ, ਜੇ ਤੂੰ ਸੋਭਾ ਤੇ ਸੁਖ ਚਾਹੁੰਦਾ ਹੈਂ ਤਾਂ ਲੋਭ ਆਦਿਕ (ਵਿਕਾਰ) ਛੱਡ ਦੇਹ, ਪਰਾਏ ਘਰ ਵਲ ਤੱਕਣਾ ਛੱਡ ਦੇ, ਉਹ ਆਚਰਨ ਤਜ ਦੇਹ ਜੋ ਮਰਯਾਦਾ ਦੇ ਉਲਟ ਹੈ ਸਾਰੇ ਮੰਦੇ ਕੰਮ ਛੱਡ ਦੇਹ, ਹੁਰਮਤਿ ਤਿਆਗ ਦੇਹ, ਅਤੇ ਉਸ ਪ੍ਰਭੂ ਦੀ ਸਰਨ ਪਉ ਜੋ ਸਭ ਨੂੰ ਨਾਸ ਕਰਨ ਦੇ ਸਮਰੱਥ ਹੈ, ਜੋ ਹੁਣ ਪਿਛਲੇ ਸਮੇ ਤੇ ਅਗਾਂਹ ਲਈ ਸਦਾ ਹੀ ਪੂਰਨ ਤੌਰ ਤੇ ਨਾਸ-ਰਹਿਤ ਹੈ ਜੋ ਸਭ ਤੋਂ ਉੱਚੀ ਹਸਤੀ ਹੈ, ਤੇ ਜੋ ਸਦਾ ਖਿੜਿਆ ਰਹਿੰਦਾ ਹੈ ।੨, ੩।

ਪਰਮਾਤਮਾ ਦੇ ਪਿਆਰੇ ਭਗਤ ਮਨ ਬਚਨ ਅਤੇ ਕਰਮ ਤੋਂ ਪਵਿਤ੍ਰ ਹੁੰਦੇ ਹਨ । (ਭਾਵ, ਭਗਤਾਂ ਦਾ ਮਨ ਪਵਿਤ੍ਰ, ਬੋਲ ਪਵਿਤ੍ਰ ਅਤੇ ਕੰਮ ਵੀ ਪਵਿਤ੍ਰ ਹੁੰਦੇ ਹਨ); ਉਹਨਾਂ ਨੂੰ ਜੋਗ ਨਾਲ ਕੀਹ ਵਾਸਤਾ? ਉਹਨਾਂ ਨੂੰ ਜੱਗ ਨਾਲ ਕੀਹ ਪ੍ਰਯੋਜਨ? ਉਹਨਾਂ ਨੂੰ ਦਾਨ ਅਤੇ ਤਪ ਨਾਲ ਕੀਹ? (ਭਾਵ, ਭਗਤ ਜਾਣਦੇ ਹਨ ਕਿ ਜੋਗ-ਸਾਧਨ, ਜੱਗ, ਦਾਨ ਅਤੇ ਤਪ ਕਰਨ ਤੋਂ ਕੋਈ ਆਤਮਕ ਲਾਭ ਨਹੀਂ ਹੋ ਸਕਦਾ, ਪ੍ਰਭੂ ਦੀ ਭਗਤੀ ਹੀ ਅਸਲੀ ਕਰਣੀ ਹੈ) ।੪।

ਹੇ ਭਾਈ! ਗੋਬਿੰਦ ਦਾ ਭਜਨ ਕਰ, ਗੋਬਿੰਦ ਨੂੰ ਜਪ, ਉਹੀ ਸਾਰੀਆਂ ਸਿੱਧੀਆਂ ਦਾ ਖ਼ਜ਼ਾਨਾ ਹੈ । ਜੈਦੇਵ ਭੀ ਹੋਰ ਆਸਰੇ ਸਾਰੇ ਛੱਡ ਕੇ ਉਸੇ ਦੀ ਸਰਨ ਆਇਆ ਹੈ, ਉਹ ਹੁਣ ਭੀ, ਪਿਛਲੇ ਸਮੇ ਭੀ (ਅਗਾਂਹ ਨੂੰ ਭੀ) ਹਰ ਵੇਲੇ ਹਰ ਥਾਂ ਮੌਜੂਦ ਹੈ ।੫।੧।

ਨੋਟ:- ਭਗਤ-ਬਾਣੀ ਦਾ ਵਿਰੋਧੀ ਸੱਜਣ ਇਸ ਸ਼ਬਦ ਬਾਰੇ ਲਿਖਦਾ ਹੈ ਕਿ ਇਸ ਸ਼ਬਦ ਅੰਦਰ ਵਿਸ਼ਨੂੰ-ਭਗਤੀ ਦਾ ਉਪਦੇਸ਼ ਹੈ । ਇਹ ਅੰਦਾਜ਼ਾ ਲਫ਼ਜ਼ 'ਚਕ੍ਰਧਰ' ਤੋਂ ਲਾਇਆ ਗਿਆ ਜਾਪਦਾ ਹੈ । ਪਰ ਬਾਕੀ ਦੇ ਲਫ਼ਜ਼ ਪੜ੍ਹ ਕੇ ਵੇਖੋ । 'ਰਹਾਉ' ਵਾਲੀ ਤੁਕ ਵਿਚ ਹੀ ਭਗਤ ਜੀ ਆਖਦੇ ਹਨ 'ਕੇਵਲ ਰਾਮ ਨਾਮ ਮਨੋਰਮੰ । ਬਦਿ ਅੰਮ੍ਰਿਤ ਤਤ ਮਇਅੰ' । ਤੇ, 'ਰਹਾਉ' ਦੀਆਂ ਤੁਕਾਂ ਵਿਚ ਦਿੱਤੇ ਹੋਏ ਖ਼ਿਆਲ ਦੀ ਹੀ ਵਿਆਖਿਆ ਸਾਰੇ ਸ਼ਬਦ ਵਿਚ ਹੋਇਆ ਕਰਦੀ ਹੈ । ਇਸੇ 'ਰਾਮ ਨਾਮ' ਵਾਸਤੇ ਜੈਦੇਵ ਜੀ ਸ਼ਬਦ ਦੇ ਬਾਕੀ ਦੇ ਬੰਦਾਂ ਵਿਚ ਹੇਠ ਲਿਖੇ ਲਫ਼ਜ਼ ਵਰਤਦੇ ਹਨ—ਪਰਮਾਦਿ ਪੁਰਖ, ਅਨੋਪਿਮ, ਪਰਮ-ਅਦਭੁਤ, ਪਰਕ੍ਰਿਤਿ-ਪਰ, ਚਕ੍ਰਧਰ, ਹਰਿ, ਗੋਬਿੰਦ, ਸਰਬ-ਗਤ । ਸਾਫ਼ ਪਰਤੱਖ ਹੈ ਕਿ ਸਰਬ-ਵਿਆਪਕ ਅਕਾਲ ਪੁਰਖ ਦੀ ਭਗਤੀ ਦਾ ਉਪਦੇਸ਼ ਕਰ ਰਹੇ ਹਨ ।

ਇਸੇ ਸ਼ਬਦ ਨਾਲ ਗੁਰੂ ਅਰਜਨ ਸਾਹਿਬ ਦਾ ਹੇਠ ਲਿਖਿਆ ਸ਼ਬਦ ਭੀ ਰਲਾ ਕੇ ਪੜ੍ਹੋ, ਕੈਸੀ ਸੁਆਦਲੀ ਸਾਂਝ ਦਿੱਸਦੀ ਹੈ, ਤੇ ਭਗਤ ਜੀ ਦੇ ਸ਼ਬਦ ਤੋਂ ਤ੍ਰਭਕਣ ਵਾਲੀ ਕੋਈ ਗੁੰਜੈਸ਼ ਨਹੀਂ ਜਾਪਦੀ ।

ਗੂਜਰੀ ਮਹਲਾ ੫ ਘਰੁ ੪
ਨਾਥ ਨਰਹਰ ਦੀਨ ਬੰਧਵ, ਪਤਿਤ ਪਾਵਨ ਦੇਵ । ਭੈਤ੍ਰਾਸਨਾਸ ਕ੍ਰਿਪਾਲ ਗੁਣਨਿਧਿ, ਸਫਲ ਸੁਆਮੀ ਸੇਵ ।੧। ਹਰਿ ਗੋਪਾਲ ਗੁਰ ਗੋਬਿੰਦ । ਚਰਣ ਸਰਣ ਦਇਆਲ ਕੇਸਵ, ਮੁਰਾਰਿ ਮਨ ਮਕਰੰਦ । ਜਨਮ ਮਰਨ ਨਿਵਾਰਿ ਧਰਣੀਧਰ, ਪਤਿ ਰਾਖੁ ਪਰਮਾਨੰਦ ।੨। ਜਲਤ ਅਨਤ ਤਰੰਗ ਮਾਇਆ, ਗੁਰ ਗਿਆਨ ਹਰਿ ਰਿਦ ਮੰਤ । ਛੇਦਿ ਅਹੰਬੁਧਿ ਕਰੁਣਾਮੈ, ਚਿੰਤ ਮੇਟਿ ਪੁਰਖ ਅਨੰਤ ।੩।.....

ਧਨਾਢਿ ਆਢਿ ਭੰਡਾਰ ਹਰਿ ਨਿਧਿ, ਹੋਤ ਜਿਨਾ ਨ ਚੀਰ । ਮੁਗਧ ਮੂੜ ਕਟਾਖ੍ ਸ੍ਰੀਧਰ, ਭਏ ਗੁਣ ਮਤਿ ਧੀਰ ।੬।.....

ਦੇਤ ਦਰਸਨੁ ਸ੍ਰਵਨ ਹਰਿ ਜਸੁ, ਰਸਨ ਨਾਮ ਉਚਾਰ । ਅੰਗ ਸੰਗ ਭਗਵਾਨ ਪਰਸਨ ਪ੍ਰਭ ਨਾਨਕ ਪਤਿਤ ਉਧਾਰ ।੮।੧।੨।੫।

ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥ ਰਾਗੁ ਦੇਵਗੰਧਾਰੀ ਮਹਲਾ ੪ ਘਰੁ ੧ ॥ ਸੇਵਕ ਜਨ ਬਨੇ ਠਾਕੁਰ ਲਿਵ ਲਾਗੇ ॥ ਜੋ ਤੁਮਰਾ ਜਸੁ ਕਹਤੇ ਗੁਰਮਤਿ ਤਿਨ ਮੁਖ ਭਾਗ ਸਭਾਗੇ ॥੧॥ ਰਹਾਉ ॥ ਟੂਟੇ ਮਾਇਆ ਕੇ ਬੰਧਨ ਫਾਹੇ ਹਰਿ ਰਾਮ ਨਾਮ ਲਿਵ ਲਾਗੇ ॥ ਹਮਰਾ ਮਨੁ ਮੋਹਿਓ ਗੁਰ ਮੋਹਨਿ ਹਮ ਬਿਸਮ ਭਈ ਮੁਖਿ ਲਾਗੇ ॥੧॥ ਸਗਲੀ ਰੈਣਿ ਸੋਈ ਅੰਧਿਆਰੀ ਗੁਰ ਕਿੰਚਤ ਕਿਰਪਾ ਜਾਗੇ ॥ ਜਨ ਨਾਨਕ ਕੇ ਪ੍ਰਭ ਸੁੰਦਰ ਸੁਆਮੀ ਮੋਹਿ ਤੁਮ ਸਰਿ ਅਵਰੁ ਨ ਲਾਗੇ ॥੨॥੧॥ {ਪੰਨਾ 527}

ਪਦਅਰਥ:- ਲਿਵ—ਲਗਨ, ਪ੍ਰੇਮ । ਜਸੁ—ਸਿਫ਼ਤਿ-ਸਾਲਾਹ । ਗੁਰਮਤਿ—ਗੁਰੂ ਦੀ ਮਤਿ ਤੇ ਤੁਰ ਕੇ । ਸਭਾਗੇ—ਚੰਗੇ ਭਾਗਾਂ ਵਾਲੇ ।੧।ਰਹਾਉ।

ਮੋਹਨਿ—ਮੋਹਨ ਨੇ । ਬਿਸਮ—ਹੈਰਾਨ । ਮੁਖਿ ਲਾਗੇ—ਮੁਖਿ ਲਾਗਿ, ਮੂੰਹ ਲੱਗ ਕੇ, ਦਰਸਨ ਕਰ ਕੇ ।੧।

ਰੈਣਿ—(ਜ਼ਿੰਦਗੀ ਦੀ) ਰਾਤ । ਸੋਈ—ਸੁੱਤੀ ਰਹੀ । ਕਿੰਚਤ—ਥੋੜੀ ਜਿਹੀ ਹੀ । ਗੁਰ ਕਿਰਪਾ—ਗੁਰੂ ਦੀ ਕਿਰਪਾ ਨਾਲ । ਮੋਹਿ—ਮੈਨੂੰ । ਸਰਿ—ਵਰਗਾ, ਬਰਾਬਰ । ਅਵਰੁ—ਕੋਈ ਹੋਰ । ਲਾਗੇ—ਲੱਗਦਾ, ਦਿੱਸਦਾ ।੨।

ਅਰਥ:- (ਹੇ ਭਾਈ!) ਜਿਨ੍ਹਾਂ ਮਨੁੱਖ ਦੀ ਪ੍ਰੀਤਿ ਮਾਲਕ-ਪ੍ਰਭੂ (ਦੇ ਚਰਨਾਂ) ਨਾਲ ਲੱਗ ਜਾਂਦੀ ਹੈ ਉਹ ਮਾਲਕ ਦੇ (ਸੱਚੇ) ਸੇਵਕ, (ਸੱਚੇ) ਦਾਸ ਬਣ ਜਾਂਦੇ ਹਨ । (ਹੇ ਪ੍ਰਭੂ!) ਜੇਹੜੇ ਮਨੁੱਖ ਗੁਰੂ ਦੀ ਮਤਿ ਤੇ ਤੁਰ ਕੇ ਤੇਰੀ ਸਿਫ਼ਤਿ-ਸਾਲਾਹ ਕਰਦੇ ਹਨ, ਉਹਨਾਂ ਦੇ ਮੂੰਹ ਸੋਹਣੇ ਭਾਗਾਂ ਵਾਲੇ ਹੋ ਜਾਂਦੇ ਹਨ ।੧।ਰਹਾਉ।

(ਹੇ ਭਾਈ!) ਪਰਮਾਤਮਾ ਦੇ ਨਾਮ ਨਾਲ ਜਿਨ੍ਹਾਂ ਮਨੁੱਖਾਂ ਦੀ ਲਗਨ ਲੱਗ ਜਾਂਦੀ ਹੈ, ਉਹਨਾਂ ਦੇ ਮਾਇਆ

(ਦੇ ਮੋਹ) ਦੇ ਬੰਧਨ ਟੁੱਟ ਜਾਂਦੇ ਹਨ, ਫਾਹੀਆਂ ਟੁੱਟ ਜਾਂਦੀਆਂ ਹਨ । (ਹੇ ਸਖੀ! ਮਨ ਨੂੰ) ਮੋਹ ਲੈਣ ਵਾਲੇ ਗੁਰੂ ਨੇ ਮੇਰਾ ਮਨ ਆਪਣੇ ਪਿਆਰ ਵਿਚ ਬੰਨ੍ਹ ਲਿਆ ਹੈ, ਉਸ ਸੋਹਣੇ ਗੁਰੂ ਦਾ ਦਰਸਨ ਕਰ ਕੇ ਮੈਂ ਮਸਤ ਹੋ ਗਈ ਹਾਂ । (ਇਸ ਵਾਸਤੇ ਮਾਇਆ ਦੇ ਮੋਹ ਦੀਆਂ ਫਾਹੀਆਂ ਮੇਰੇ ਨੇੜੇ ਨਹੀਂ ਢੁਕਦੀਆਂ) ।੧।

(ਹੇ ਸਖੀ!) ਮੈਂ (ਜ਼ਿੰਦਗੀ ਦੀ) ਸਾਰੀ ਰਾਤ ਮਾਇਆ ਦੇ ਮੋਹ ਦੇ ਹਨੇਰ ਵਿਚ ਸੁੱਤੀ ਰਹੀ (ਆਤਮਕ ਜੀਵਨ ਵੱਲੋਂ ਅਵੇਸਲੀ ਰਹੀ), ਹੁਣ ਗੁਰੂ ਦੀ ਥੋੜੀ ਕੁ ਕਿਰਪਾ ਨਾਲ ਮੈਂ ਜਾਗ ਪਈ ਹਾਂ ।

ਹੇ ਦਾਸ ਨਾਨਕ ਦੇ ਸੋਹਣੇ ਮਾਲਕ ਪ੍ਰਭੂ! ਮੈਨੂੰ (ਹੁਣ) ਤੇਰੇ ਵਰਗਾ ਕੋਈ ਹੋਰ ਨਹੀਂ ਦਿੱਸਦਾ ।੨।੧।

ਦੇਵਗੰਧਾਰੀ ॥ ਮੇਰੋ ਸੁੰਦਰੁ ਕਹਹੁ ਮਿਲੈ ਕਿਤੁ ਗਲੀ ॥ ਹਰਿ ਕੇ ਸੰਤ ਬਤਾਵਹੁ ਮਾਰਗੁ ਹਮ ਪੀਛੈ ਲਾਗਿ ਚਲੀ ॥੧॥ ਰਹਾਉ ॥ ਪ੍ਰਿਅ ਕੇ ਬਚਨ ਸੁਖਾਨੇ ਹੀਅਰੈ ਇਹ ਚਾਲ ਬਨੀ ਹੈ ਭਲੀ ॥ ਲਟੁਰੀ ਮਧੁਰੀ ਠਾਕੁਰ ਭਾਈ ਓਹ ਸੁੰਦਰਿ ਹਰਿ ਢੁਲਿ ਮਿਲੀ ॥੧॥ ਏਕੋ ਪ੍ਰਿਉ ਸਖੀਆ ਸਭ ਪ੍ਰਿਅ ਕੀ ਜੋ ਭਾਵੈ ਪਿਰ ਸਾ ਭਲੀ ॥ ਨਾਨਕੁ ਗਰੀਬੁ ਕਿਆ ਕਰੈ ਬਿਚਾਰਾ ਹਰਿ ਭਾਵੈ ਤਿਤੁ ਰਾਹਿ ਚਲੀ ॥੨॥੨॥ {ਪੰਨਾ 527}

ਪਦਅਰਥ:- ਕਹਹੁ—ਦੱਸੋ । ਕਿਤੁ—ਕਿਸ ਵਿਚ? ਕਿਤੁ ਗਲੀ—ਕਿਸ ਗਲੀ ਵਿਚ? ਸੰਤ—ਹੇ ਸੰਤ ਜਨੋ! ਮਾਰਗੁ—ਰਸਤਾ । ਪੀਛੈ—(ਤੁਹਾਡੇ) ਪਿੱਛੇ ਪਿੱਛੇ । ਚਲੀ—ਚਲੀਂ, ਮੈਂ ਤੁਰੀ ਚੱਲਾਂ ।੧।ਰਹਾਉ।

ਪ੍ਰਿਅ ਕੇ—ਪਿਆਰੇ ਦੇ । ਸੁਖਾਨੇ—ਮਿੱਠੇ ਲੱਗ ਰਹੇ ਹਨ । ਹੀਅਰੈ—ਹਿਰਦੇ ਵਿਚ । ਚਾਲੁ—(ਜੀਵਨ-) ਤੋਰ, ਜੁਗਤਿ । ਲਟੁਰੀ—ਲਟੋਰ, ਆਪ-ਹੁਦਰੀ । ਮਧੁਰੀ—ਛੋਟੀ, ਥੋੜ੍ਹ-ਵਿਤੀ । ਠਾਕੁਰ ਭਾਈ—ਠਾਕੁਰ ਨੂੰ ਚੰਗੀ ਲੱਗ ਗਈ । ਓਹ ਸੁੰਦਰਿ—ਉਹ ਸੋਹਣੀ ਜੀਵ-ਇਸਤ੍ਰੀ {ਲਫ਼ਜ਼ 'ਸੁੰਦਰ' ਪੁਲਿੰਗ ਹੈ, ਲਫ਼ਜ਼ 'ਸੁੰਦਰਿ' ਇਸਤ੍ਰੀ ਲਿੰਗ} । ਢੁਲਿ—ਵਹਿ ਕੇ, ਤਿਲਕ ਕੇ, ਨੀਵੀਂ ਹੋ ਕੇ, ਨਿਮ੍ਰਤਾ ਧਾਰ ਕੇ ।੧।

ਭਾਵੈ ਪਿਰ—ਪਿਰ ਨੂੰ ਪਸੰਦ ਆ ਜਾਏ । ਸਾ—ਉਹ ਜੀਵ-ਇਸਤ੍ਰੀ । ਤਿਤੁ—ਉਸ ਵਿਚ । ਤਿਤੁ ਰਾਹਿ—ਉਸ ਰਾਹ ਉੱਤੇ ।੨।

ਅਰਥ:- ਹੇ ਹਰੀ ਦੇ ਸੰਤ ਜਨੋ! ਮੈਨੂੰ ਦੱਸੋ, ਮੇਰਾ ਸੋਹਣਾ (ਪ੍ਰੀਤਮ) ਕਿਸ ਗਲੀ ਵਿਚ ਮਿਲੇਗਾ? ਮੈਨੂੰ (ਉਸ ਗਲੀ ਦਾ) ਰਸਤਾ ਦੱਸੋ (ਤਾਂ ਕਿ) ਮੈਂ ਭੀ ਤੁਹਾਡੇ ਪਿੱਛੇ ਪਿੱਛੇ ਤੁਰੀ ਚੱਲਾਂ ।੧।ਰਹਾਉ।

(ਹੇ ਜਿੱਗਿਆਸੂ ਜੀਵ-ਇਸਤ੍ਰੀ!) ਜਿਸ ਨੂੰ ਪਿਆਰੇ ਪ੍ਰਭੂ ਦੇ ਸਿਫ਼ਤਿ-ਸਾਲਾਹ ਦੇ ਬਚਨ ਹਿਰਦੇ ਵਿਚ ਸੁਖਾ ਜਾਂਦੇ ਹਨ, ਜਿਸ ਨੂੰ ਇਹ ਜੀਵਨ-ਤੋਰ ਚੰਗੀ ਲੱਗਣ ਲੱਗ ਪੈਂਦੀ ਹੈ, ਉਹ (ਪਹਿਲਾਂ ਭਾਵੇਂ) ਲਟੋਰ (ਸੀ) ਥੋੜ੍ਹ-ਵਿਤੀ (ਸੀ, ਉਹ) ਮਾਲਕ-ਪ੍ਰਭੂ ਨੂੰ ਪਿਆਰੀ ਲੱਗਣ ਲੱਗ ਪੈਂਦੀ ਹੈ, ਉਹ ਸੋਹਣੀ ਜੀਵ-ਇਸਤ੍ਰੀ ਨਿਮ੍ਰਤਾ ਧਾਰ ਕੇ ਪ੍ਰਭੂ-ਚਰਨਾਂ ਵਿਚ ਮਿਲ ਜਾਂਦੀ ਹੈ ।੧।

(ਹੇ ਸਖੀ!) ਇਕ ਪਰਮਾਤਮਾ ਹੀ ਸਭ ਦਾ ਖਸਮ ਹੈ, ਸਾਰੀਆਂ ਸਖੀਆਂ (ਜੀਵ-ਇਸਤ੍ਰੀਆਂ) ਉਸ ਪਿਆਰੇ ਦੀਆਂ ਹੀ ਹਨ; ਪਰ ਜੇਹੜੀ ਪਤੀ-ਪ੍ਰਭੂ ਨੂੰ ਪਸੰਦ ਆ ਜਾਂਦੀ ਹੈ ਉਹ ਚੰਗੀ ਬਣ ਜਾਂਦੀ ਹੈ ।

ਵਿਚਾਰਾ ਗਰੀਬ ਨਾਨਕ (ਉਸ ਦੇ ਰਸਤੇ ਉਤੇ ਤੁਰਨ ਲਈ) ਕੀਹ ਕਰ ਸਕਦਾ ਹੈ? ਜੇਹੜੀ ਜੀਵ-

ਇਸਤ੍ਰੀ ਹਰੀ-ਪ੍ਰਭੂ ਨੂੰ ਚੰਗੀ ਲੱਗ ਪਏ, ਉਹੀ ਉਸ ਰਸਤੇ ਉਤੇ ਤੁਰ ਸਕਦੀ ਹੈ ।੨।

ਦੇਵਗੰਧਾਰੀ ॥ ਮੇਰੇ ਮਨ ਮੁਖਿ ਹਰਿ ਹਰਿ ਹਰਿ ਬੋਲੀਐ ॥ ਗੁਰਮੁਖਿ ਰੰਗਿ ਚਲੂਲੈ ਰਾਤੀ ਹਰਿ ਪ੍ਰੇਮ ਭੀਨੀ ਚੋਲੀਐ ॥੧॥ ਰਹਾਉ ॥ ਹਉ ਫਿਰਉ ਦਿਵਾਨੀ ਆਵਲ ਬਾਵਲ ਤਿਸੁ ਕਾਰਣਿ ਹਰਿ ਢੋਲੀਐ ॥ ਕੋਈ ਮੇਲੈ ਮੇਰਾ ਪ੍ਰੀਤਮੁ ਪਿਆਰਾ ਹਮ ਤਿਸ ਕੀ ਗੁਲ ਗੋਲੀਐ ॥੧॥ ਸਤਿਗੁਰੁ ਪੁਰਖੁ ਮਨਾਵਹੁ ਅਪੁਨਾ ਹਰਿ ਅੰਮ੍ਰਿਤੁ ਪੀ ਝੋਲੀਐ ॥ ਗੁਰ ਪ੍ਰਸਾਦਿ ਜਨ ਨਾਨਕ ਪਾਇਆ ਹਰਿ ਲਾਧਾ ਦੇਹ ਟੋਲੀਐ ॥੨॥੩॥ {ਪੰਨਾ 527}

ਪਦਅਰਥ:- ਮਨ—ਹੇ ਮਨ! ਮੁਖਿ—ਮੂੰਹ ਨਾਲ । ਬੋਲੀਐ—ਬੋਲਣਾ ਚਾਹੀਦਾ ਹੈ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਚਲੂਲੇ ਰੰਗਿ—ਗੂੜ੍ਹੇ ਰੰਗ ਵਿਚ । ਰਾਤੀ—ਰੰਗੀ ਜਾਂਦੀ ਹੈ । ਚੋਲੀਐ—ਚੋਲੀ, ਹਿਰਦਾ । ਭੀਨੀ—ਭਿੱਜ ਜਾਂਦੀ ਹੈ, ਤਰ ਹੋ ਜਾਂਦੀ ਹੈ ।੧।ਰਹਾਉ।

ਹਉ—ਮੈਂ । ਫਿਰਉ—ਫਿਰਉਂ, ਫਿਰਦੀ ਹਾਂ । ਦਿਵਾਨੀ—ਕਮਲੀ । ਆਵਲ ਬਾਵਲ—ਬਾਵਲੀ, ਝੱਲੀ । ਕਾਰਣਿ—(ਮਿਲਣ) ਵਾਸਤੇ । ਢੋਲੀਐ—ਢੋਲਾ, ਪਿਆਰਾ । ਤਿਸ ਕੀ—{ਲਫ਼ਜ਼ 'ਤਿਸੁ' ਦਾ ੁ ਸੰਬੰਧਕ 'ਕੀ' ਦੇ ਕਾਰਣ ਉੱਡ ਗਿਆ ਹੈ} । ਗੁਲ ਗੋਲੀਐ—ਗੋਲੀਆਂ ਦੀ ਗੋਲੀ ।੧।

ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਜਲ । ਝੋਲੀਐ—ਝੋਲ ਕੇ, ਹਿਲਾ ਕੇ, ਪ੍ਰੇਮ ਨਾਲ । ਪ੍ਰਸਾਦਿ—ਕਿਰਪਾ ਨਾਲ । ਦੇਹਿ—ਸਰੀਰ, ਹਿਰਦਾ । ਟੋਲੀਐ—ਟੋਲ ਕੇ ।੨।

ਅਰਥ:- ਹੇ ਮੇਰੇ ਮਨ! ਮੂੰਹੋਂ ਸਦਾ ਪਰਮਾਤਮਾ ਦਾ ਨਾਮ ਉਚਾਰਨਾ ਚਾਹੀਦਾ ਹੈ । ਹੇ ਭਾਈ! ਗੁਰੂ ਦੀ ਸਰਨ ਪੈ ਕੇ ਜੇਹੜੀ ਜੀਵ-ਇਸਤ੍ਰੀ (ਪ੍ਰਭੂ-ਪ੍ਰੇਮ ਦੇ) ਗੂੜ੍ਹੇ ਰੰਗ ਵਿਚ ਰੰਗੀ ਜਾਂਦੀ ਹੈ ਉਸ ਦੀ ਹਿਰਦਾ-ਚੋਲੀ ਪ੍ਰਭੂ-ਪ੍ਰੇਮ ਨਾਲ ਤਰੋ-ਤਰ ਰਹਿੰਦੀ ਹੈ ।੧।ਰਹਾਉ।

ਹੇ ਭਾਈ! ਮੈਂ ਉਸ ਪਿਆਰੇ ਹਰੀ-ਪ੍ਰਭੂ ਨੂੰ ਮਿਲਣ ਵਾਸਤੇ ਕਮਲੀ ਹੋਈ ਫਿਰਦੀ ਹਾਂ, ਝੱਲੀ ਹੋਈ ਫਿਰਦੀ ਹਾਂ । ਜੇ ਕੋਈ ਮੈਨੂੰ ਮੇਰਾ ਪਿਆਰਾ ਪ੍ਰੀਤਮ ਮਿਲਾ ਦੇਵੇ, ਤਾਂ ਮੈਂ ਉਸ ਦੀਆਂ ਗੋਲੀਆਂ ਦੀ ਗੋਲੀ (ਬਣਨ ਨੂੰ ਤਿਆਰ ਹਾਂ) ।੧।

(ਹੇ ਜਿੱਗਿਆਸੂ ਜੀਵ-ਇਸਤ੍ਰੀ!) ਤੂੰ ਆਪਣੇ ਗੁਰੂ ਸਤਪੁਰਖ ਨੂੰ ਪ੍ਰਸੰਨ ਕਰ ਲੈ (ਗੁਰੂ ਦੇ ਦੱਸੇ ਰਸਤੇ ਉਤੇ ਤੁਰਨਾ ਸ਼ੁਰੂ ਕਰ, ਤੇ, ਉਸ ਦਾ ਦਿੱਤਾ ਹੋਇਆ) ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ-ਜਲ ਪ੍ਰੇਮ ਨਾਲ ਪੀਂਦੀ ਰਹੁ (ਇਹੀ ਤਰੀਕਾ ਹੈ ਢੋਲੇ-ਹਰੀ ਨੂੰ ਮਿਲਣ ਦਾ) ।

ਹੇ ਦਾਸ ਨਾਨਕ! ਗੁਰੂ ਦੀ ਕਿਰਪਾ ਨਾਲ ਹੀ ਪਰਮਾਤਮਾ ਮਿਲਦਾ ਹੈ, ਤੇ ਮਿਲਦਾ ਹੈ ਆਪਣੇ ਹਿਰਦੇ ਵਿਚ ਹੀ ਭਾਲ ਕੀਤਿਆਂ ।੨।੩।

ਦੇਵਗੰਧਾਰੀ ॥ ਅਬ ਹਮ ਚਲੀ ਠਾਕੁਰ ਪਹਿ ਹਾਰਿ ॥ ਜਬ ਹਮ ਸਰਣਿ ਪ੍ਰਭੂ ਕੀ ਆਈ ਰਾਖੁ ਪ੍ਰਭੂ ਭਾਵੈ ਮਾਰਿ ॥੧॥ ਰਹਾਉ ॥ ਲੋਕਨ ਕੀ ਚਤੁਰਾਈ ਉਪਮਾ ਤੇ ਬੈਸੰਤਰਿ ਜਾਰਿ ॥ ਕੋਈ ਭਲਾ ਕਹਉ ਭਾਵੈ ਬੁਰਾ ਕਹਉ ਹਮ ਤਨੁ ਦੀਓ ਹੈ ਢਾਰਿ ॥੧॥ ਜੋ ਆਵਤ ਸਰਣਿ ਠਾਕੁਰ ਪ੍ਰਭੁ ਤੁਮਰੀ ਤਿਸੁ ਰਾਖਹੁ ਕਿਰਪਾ ਧਾਰਿ ॥ ਜਨ ਨਾਨਕ ਸਰਣਿ ਤੁਮਾਰੀ ਹਰਿ ਜੀਉ ਰਾਖਹੁ ਲਾਜ ਮੁਰਾਰਿ ॥੨॥੪॥ {ਪੰਨਾ 527-528}

ਪਦਅਰਥ:- ਅਬ—ਹੁਣ । ਪਹਿ—ਪਾਸ, ਕੋਲ । ਹਾਰਿ—ਹਾਰ ਕੇ, ਥੱਕ ਕੇ, ਹੋਰ ਸਾਰੇ ਆਸਰੇ ਛੱਡ ਕੇ । ਜਬ—ਹੁਣ ਜਦੋਂ । ਪ੍ਰਭੂ ਕੀ ਸਰਣਿ—ਹੇ ਪ੍ਰਭੂ! ਤੇਰੀ ਸਰਨ । ਰਾਖੁ—ਬਚਾ ਲੈ ।੧।ਰਹਾਉ।

ਲੋਕਨ ਕੀ—ਲੋਕਾਂ ਵਾਲੀ । ਉਪਮਾ—ਵਡਿਆਈ । ਤੇ—ਉਹ ਸਾਰੀਆਂ । ਬੈਸੰਤਰਿ—ਅੱਗ ਵਿਚ । ਜਾਰਿ—ਜਾਰਿ ਦੀਈ, ਸਾੜ ਦਿੱਤੀ ਹੈ । ਕਹਉ—{ਹੁਕਮੀ ਭਵਿੱਖਤ, ਅੱਨ ਪੁਰਖ, ਇਕ-ਵਚਨ । ਨੋਟ:- ਇਹ ਧਿਆਨ ਰੱਖਣਾ ਕਿ ਇਹ ਲਫ਼ਜ਼ ਇਥੇ 'ਵਰਤਮਾਨ ਕਾਲ, ਉੱਤਮ ਪੁਰਖ, ਇਕ-ਵਚਨ' ਨਹੀਂ ਹੈ} ਬੇਸ਼ੱਕ ਆਖੇ । ਢਾਰਿ ਦੀਓ—ਢਾਲ ਦਿੱਤਾ ਹੈ, ਭੇਟਾ ਕਰ ਦਿੱਤਾ ਹੈ, ਦੇਹ-ਅੱਧਿਆਸ ਦੂਰ ਕਰ ਦਿੱਤਾ ਹੈ, ਸਰੀਰਕ ਮੋਹ ਛੱਡ ਦਿੱਤਾ ਹੈ ।੧।

ਠਾਕੁਰ ਪ੍ਰਭ—ਹੇ ਠਾਕੁਰ! ਹੇ ਪ੍ਰਭੂ! ਰਾਖਹੁ—ਤੂੰ ਰੱਖਦਾ ਹੈਂ । ਧਾਰਿ—ਧਾਰ ਕੇ । ਮੁਰਾਰਿ—ਹੇ ਮੁਰਾਰੀ! ।੨।

ਅਰਥ:- ਹੁਣ ਮੈਂ ਹੋਰ ਸਾਰੇ ਆਸਰੇ ਛੱਡ ਕੇ ਮਾਲਕ-ਪ੍ਰਭੂ ਦੀ ਸਰਨ ਆ ਗਈ ਹਾਂ । ਜਦੋਂ ਹੁਣ, ਹੇ ਪ੍ਰਭੂ! ਮੈਂ ਤੇਰੀ ਸਰਨ ਆ ਗਈ ਹਾਂ, ਚਾਹੇ ਮੈਨੂੰ ਰੱਖ ਚਾਹੇ ਮਾਰ (ਜਿਵੇਂ ਤੇਰੀ ਰਜ਼ਾ ਹੈ ਮੈਨੂੰ ਉਸੇ ਹਾਲ ਰੱਖ) ।੧।ਰਹਾਉ।

ਦੁਨੀਆ ਵਾਲੀ ਸਿਆਣਪ, ਤੇ, ਦੁਨੀਆ ਵਾਲੀ ਵਡਿਆਈ—ਇਹਨਾਂ ਨੂੰ ਮੈਂ ਅੱਗ ਵਿਚ ਸਾੜ ਦਿੱਤਾ ਹੈ । ਚਾਹੇ ਕੋਈ ਮੈਨੂੰ ਚੰਗਾ ਆਖੇ ਚਾਹੇ ਕੋਈ ਮੰਦਾ ਆਖੇ, ਮੈਂ ਤਾਂ ਆਪਣਾ ਸਰੀਰ (ਠਾਕੁਰ ਦੇ ਚਰਨਾਂ ਵਿਚ) ਭੇਟ ਕਰ ਦਿੱਤਾ ਹੈ ।੧।

ਹੇ ਮਾਲਕ! ਹੇ ਪ੍ਰਭੂ! ਜੇਹੜਾ ਭੀ ਕੋਈ (ਵਡ-ਭਾਗੀ) ਤੇਰੀ ਸਰਨ ਆ ਪੈਂਦਾ ਹੈ, ਤੂੰ ਮੇਹਰ ਕਰ ਕੇ ਉਸ ਦੀ ਰੱਖਿਆ ਕਰਦਾ ਹੈਂ । ਹੇ ਦਾਸ ਨਾਨਕ! (ਆਖ—) ਹੇ ਹਰੀ ਜੀ! ਹੇ ਮੁਰਾਰੀ! ਮੈਂ ਤੇਰੀ ਸਰਨ ਆਇਆ ਹਾਂ, ਮੇਰੀ ਇੱਜ਼ਤ ਰੱਖ ।੨।੪।

ਦੇਵਗੰਧਾਰੀ ॥ ਹਰਿ ਗੁਣ ਗਾਵੈ ਹਉ ਤਿਸੁ ਬਲਿਹਾਰੀ ॥ ਦੇਖਿ ਦੇਖਿ ਜੀਵਾ ਸਾਧ ਗੁਰ ਦਰਸਨੁ ਜਿਸੁ ਹਿਰਦੈ ਨਾਮੁ ਮੁਰਾਰੀ ॥੧॥ ਰਹਾਉ ॥ ਤੁਮ ਪਵਿਤ੍ਰ ਪਾਵਨ ਪੁਰਖ ਪ੍ਰਭ ਸੁਆਮੀ ਹਮ ਕਿਉ ਕਰਿ ਮਿਲਹ ਜੂਠਾਰੀ ॥ ਹਮਰੈ ਜੀਇ ਹੋਰੁ ਮੁਖਿ ਹੋਰੁ ਹੋਤ ਹੈ ਹਮ ਕਰਮਹੀਣ ਕੂੜਿਆਰੀ ॥੧॥ ਹਮਰੀ ਮੁਦ੍ਰ ਨਾਮੁ ਹਰਿ ਸੁਆਮੀ ਰਿਦ ਅੰਤਰਿ ਦੁਸਟ ਦੁਸਟਾਰੀ ॥ ਜਿਉ ਭਾਵੈ ਤਿਉ ਰਾਖਹੁ ਸੁਆਮੀ ਜਨ ਨਾਨਕ ਸਰਣਿ ਤੁਮ੍ਹਾਰੀ ॥੨॥੫॥ {ਪੰਨਾ 528}

ਪਦਅਰਥ:- ਹਉ—ਮੈਂ । ਦੇਖਿ—ਵੇਖ ਕੇ । ਜੀਵਾ—ਜੀਵਾਂ, ਮੈਂ ਜੀਊਂਦਾ ਹਾਂ, ਮੇਰੇ ਅੰਦਰ ਆਤਮਕ ਜੀਵਨ ਪੈਦਾ ਹੁੰਦਾ ਹੈ । ਜਿਸੁ ਹਿਰਦੈ—ਜਿਸ ਦੇ ਹਿਰਦੇ ਵਿਚ । ਨਾਮੁ ਮੁਰਾਰੀ—ਮੁਰਾਰੀ ਦਾ ਨਾਮ {ਮੁਰ—ਅਰਿ, ਮੁਰ-ਦੈਂਤ ਦਾ ਵੈਰੀ, ਪਰਮਾਤਮਾ} ।੧।ਰਹਾਉ।

ਪਾਵਨ—ਪਵਿਤ੍ਰ । ਪੁਰਖ—ਸਰਬ-ਵਿਆਪਕ । ਕਿਉ ਕਰਿ—ਕਿਵੇਂ? ਮਿਲਹ—ਅਸੀ ਮਿਲੀਏ । ਜੂਠਾਰੀ—ਮਲੀਨ । ਜੀਇ—ਜੀ ਵਿਚ {ਲਫ਼ਜ਼ 'ਜੀਉ' ਤੋਂ ਅਧਿਕਰਣ ਕਾਰਣ, ਇਕ-ਵਚਨ} । ਮੁਖਿ—ਮੂੰਹ ਵਿਚ । ਕਰਮਹੀਣ—ਬਦ-ਕਿਸਮਤ । ਕੂੜਿਆਰੀ—ਕੂੜ ਦੇ ਵਣਜਾਰੇ ।੧।

ਮੁਦ੍ਰ—ਮੁਹਰ, ਚਿੰਨ੍ਹ, ਨਿਸ਼ਾਨ, ਭੇਖ, ਵਿਖਾਵਾ । ਰਿਦ—ਹਿਰਦਾ । ਦੁਸਟ—ਭੈੜ, ਮੰਦੇ ਖ਼ਿਆਲ

।੨।

ਅਰਥ:- ਮੈਂ ਉਸ (ਗੁਰੂ, ਸਾਧ) ਤੋਂ ਕੁਰਬਾਨ ਜਾਂਦਾ ਹਾਂ ਜੇਹੜਾ (ਹਰ ਵੇਲੇ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦਾ ਰਹਿੰਦਾ ਹੈ । ਉਸ ਗੁਰੂ ਦਾ ਸਾਧੂ ਦਾ ਦਰਸਨ ਕਰ ਕਰ ਕੇ ਮੇਰੇ ਅੰਦਰ ਆਤਮਕ ਜੀਵਨ ਪੈਦਾ ਹੁੰਦਾ ਹੈ ਜਿਸ ਦੇ ਹਿਰਦੇ ਵਿਚ (ਸਦਾ) ਪਰਮਾਤਮਾ ਦਾ ਨਾਮ ਵੱਸਦਾ ਹੈ ।੧।ਰਹਾਉ।

ਹੇ ਸੁਆਮੀ! ਹੇ ਸਰਬ-ਵਿਆਪਕ ਪ੍ਰਭੂ! ਤੂੰ ਸਦਾ ਹੀ ਪਵਿਤ੍ਰ ਹੈਂ, ਪਰ ਅਸੀ ਮੈਲੇ ਜੀਵਨ ਵਾਲੇ ਹਾਂ, ਅਸੀ ਤੈਨੂੰ ਕਿਵੇਂ ਮਿਲ ਸਕਦੇ ਹਾਂ? ਸਾਡੇ ਦਿਲ ਵਿਚ ਕੁਝ ਹੋਰ ਹੁੰਦਾ ਹੈ, ਸਾਡੇ ਮੂੰਹ ਵਿਚ ਕੁਝ ਹੋਰ ਹੁੰਦਾ ਹੈ (ਮੂੰਹੋਂ ਅਸੀ ਕੁਝ ਹੋਰ ਆਖਦੇ ਹਾਂ), ਅਸੀ ਮੰਦ-ਭਾਗੀ ਹਾਂ, ਅਸੀ ਸਦਾ ਕੂੜੀ ਮਾਇਆ ਦੇ ਗਾਹਕ ਬਣੇ ਰਹਿੰਦੇ ਹਾਂ ।੧।

ਹੇ ਹਰੀ! ਹੇ ਸੁਆਮੀ! ਤੇਰਾ ਨਾਮ ਸਾਡਾ ਵਿਖਾਵਾ ਹੈ (ਅਸੀ ਵਿਕਾਰੇ ਦੇ ਤੌਰ ਤੇ ਜਪਦੇ ਹਾਂ), ਪਰ ਸਾਡੇ ਹਿਰਦੇ ਵਿਚ ਸਦਾ ਮੰਦੇ ਖ਼ਿਆਲ ਭਰੇ ਰਹਿੰਦੇ ਹਨ । ਹੇ ਦਾਸ ਨਾਨਕ! (ਆਖ—) ਹੇ ਸੁਆਮੀ! ਮੈਂ ਤੇਰੀ ਸਰਨ ਆ ਪਿਆ ਹਾਂ, ਜਿਵੇਂ ਹੋ ਸਕੇ ਮੈਨੂੰ (ਇਸ ਪਖੰਡ ਤੋਂ) ਬਚਾ ਲੈ ।੨।੫।

ਦੇਵਗੰਧਾਰੀ ॥ ਹਰਿ ਕੇ ਨਾਮ ਬਿਨਾ ਸੁੰਦਰਿ ਹੈ ਨਕਟੀ ॥ ਜਿਉ ਬੇਸੁਆ ਕੇ ਘਰਿ ਪੂਤੁ ਜਮਤੁ ਹੈ ਤਿਸੁ ਨਾਮੁ ਪਰਿਓ ਹੈ ਧ੍ਰਕਟੀ ॥੧॥ ਰਹਾਉ ॥ ਜਿਨ ਕੈ ਹਿਰਦੈ ਨਾਹਿ ਹਰਿ ਸੁਆਮੀ ਤੇ ਬਿਗੜ ਰੂਪ ਬੇਰਕਟੀ ॥ ਜਿਉ ਨਿਗੁਰਾ ਬਹੁ ਬਾਤਾ ਜਾਣੈ ਓਹੁ ਹਰਿ ਦਰਗਹ ਹੈ ਭ੍ਰਸਟੀ ॥੧॥ ਜਿਨ ਕਉ ਦਇਆਲੁ ਹੋਆ ਮੇਰਾ ਸੁਆਮੀ ਤਿਨਾ ਸਾਧ ਜਨਾ ਪਗ ਚਕਟੀ ॥ ਨਾਨਕ ਪਤਿਤ ਪਵਿਤ ਮਿਲਿ ਸੰਗਤਿ ਗੁਰ ਸਤਿਗੁਰ ਪਾਛੈ ਛੁਕਟੀ ॥੨॥੬॥ ਛਕਾ ੧ {ਪੰਨਾ 528}

ਪਦਅਰਥ:- ਸੁੰਦਰਿ—{ਇਸਤ੍ਰੀ ਲਿੰਗ ਲਫ਼ਜ਼} ਸੋਹਣੀ ਇਸਤ੍ਰੀ । ਨਕਟੀ—ਨਕ ਕੱਟੀ, ਨਕ ਵੱਢੀ, ਬਦ-ਸ਼ਕਲ । ਬੇਸੁਆ—ਕੰਜਰੀ । ਘਰਿ—ਘਰ ਵਿਚ । ਜਮਤੁ ਹੈ—ਜੰਮ ਪੈਂਦਾ ਹੈ । ਪਰਿਓ ਹੈ—ਪੈ ਜਾਂਦਾ ਹੈ । ਧ੍ਰਕਟੀ—ਧਰਕਟ ਇਸਤ੍ਰੀ ਦਾ ਪੁੱਤਰ, ਵਿਭਚਾਰਨ ਦਾ ਪੁਤ੍ਰ, ਹਰਾਮੀ ।੧।ਰਹਾਉ।

ਹਿਰਦੈ—ਹਿਰਦੇ ਵਿਚ । ਸੁਆਮੀ—ਮਾਲਕ ਪ੍ਰਭੂ । ਤੇ—ਉਹ ਬੰਦੇ । ਬਿਗੜ ਰੂਪ—ਬਿਗੜੀ ਹੋਈ ਸ਼ਕਲ ਵਾਲੇ, ਬਦ-ਸ਼ਕਲ । ਬੇਰਕਟੀ—{ਰਕਟ—ਰਕਤ, ਰੱਤ, ਲਹੂ} ਵਿਗੜੀ ਹੋਈ ਰੱਤ ਵਾਲੇ, ਕੋਹੜੀ । ਭ੍ਰਸਟੀ—ਵਿਕਾਰਾਂ ਵਿਚ ਡਿੱਗਾ ਹੋਇਆ, ਗੰਦੇ ਆਚਰਨ ਵਾਲਾ ।੧।

ਪਗ—ਪੈਰ । ਚਕਟੀ—ਚੱਟੇ {ਚਟਕੀ}, ਪਰਸੇ । ਪਤਿਤ—ਵਿਕਾਰਾਂ ਵਿਚ ਡਿੱਗੇ ਹੋਏ । ਮਿਲਿ—ਮਿਲ ਕੇ । ਛੁਕਟੀ—{ਛੁਟਕੀ} ਵਿਕਾਰਾਂ ਤੋਂ ਬਚ ਜਾਂਦੇ ਹਨ ।੨।

ਅਰਥ:- ਹੇ ਭਾਈ! ਪਰਮਾਤਮਾ ਦੇ ਨਾਮ ਤੋਂ ਬਿਨਾ ਇਹ ਸੋਹਣੀ (ਮਨੁੱਖੀ) ਕਾਂਇਆਂ ਬਦ-ਸ਼ਕਲ ਹੀ ਜਾਣੋ । ਜਿਵੇਂ ਜੇ ਕਿਸੇ ਕੰਜਰੀ ਦੇ ਘਰ ਪੁੱਤਰ ਜੰਮ ਪਏ, ਤਾਂ ਉਸ ਦਾ ਨਾਮ ਹਰਾਮੀ ਪੈ ਜਾਂਦਾ ਹੈ (ਭਾਵੇਂ ਉਹ ਸ਼ਕਲੋਂ ਸੋਹਣਾ ਭੀ ਪਿਆ ਹੋਵੇ) ।੧।ਰਹਾਉ।

ਹੇ ਭਾਈ! ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਮਾਲਕ-ਪ੍ਰਭੂ ਨਹੀਂ (ਚੇਤੇ) ਉਹ ਮਨੁੱਖ ਬਦ-ਸ਼ਕਲ ਹਨ; ਉਹ ਕੋਹੜੀ ਹਨ । ਜਿਵੇਂ ਕੋਈ ਗੁਰੂ ਤੋਂ ਬੇ-ਮੁਖ ਮਨੁੱਖ (ਭਾਵੇਂ ਚਤੁਰਾਈ ਦੀਆਂ) ਬਹੁਤ ਗੱਲਾਂ

ਕਰਨੀਆਂ ਜਾਣਦਾ ਹੋਵੇ (ਲੋਕਾਂ ਨੂੰ ਭਾਵੇਂ ਪਤਿਆ ਲਏ, ਪਰ) ਪਰਮਾਤਮਾ ਦੀ ਦਰਗਾਹ ਵਿਚ ਉਹ ਭ੍ਰਸ਼ਟਿਆ ਹੋਇਆ ਹੀ (ਗਿਣਿਆ ਜਾਂਦਾ) ਹੈ ।੧।

ਹੇ ਨਾਨਕ! (ਆਖ—) ਜਿਨ੍ਹਾਂ ਮਨੁੱਖਾਂ ਉਤੇ ਪਿਆਰਾ ਪ੍ਰਭੂ ਦਇਆਵਾਨ ਹੁੰਦਾ ਹੈ ਉਹ ਮਨੁੱਖ ਸੰਤ ਜਨਾਂ ਦੇ ਪੈਰ ਪਰਸਦੇ ਰਹਿੰਦੇ ਹਨ । ਗੁਰੂ ਦੀ ਸੰਗਤਿ ਵਿਚ ਮਿਲ ਕੇ ਵਿਕਾਰੀ ਮਨੁੱਖ ਭੀ ਚੰਗੇ ਆਚਰਨ ਵਾਲੇ ਬਣ ਜਾਂਦੇ ਹਨ, ਗੁਰੂ ਦੇ ਪਾਏ ਹੋਏ ਪੂਰਨਿਆਂ ਉੱਤੇ ਤੁਰ ਕੇ ਉਹ ਵਿਕਾਰਾਂ ਦੇ ਪੰਜੇ ਵਿਚੋਂ ਬਚ ਨਿਕਲਦੇ ਹਨ ।੨।੯।ਛਕਾ ੧।

ਛਕਾ—ਛੱਕਾ, ਛੇ ਸ਼ਬਦਾਂ ਦਾ ਸੰਗ੍ਰਹ ।

ਨੋਟ:- ਸਿਰਲੇਖ ਵਿਚ ਸਿਰਫ਼ ਪਹਿਲੇ ਸ਼ਬਦ ਦੇ ਨਾਲ ਹੀ ਲਫ਼ਜ਼ 'ਮਹਲਾ ੪' ਵਰਤਿਆ ਗਿਆ ਹੈ । ਫਿਰ ਕਿਤੇ ਨਹੀਂ, ਅਖ਼ੀਰਲੇ ਲਫ਼ਜ਼ 'ਛਕਾ ੧' ਨੇ ਹੀ ਕੰਮ ਸਾਰ ਦਿੱਤਾ ਹੈ ।

ਦੇਵਗੰਧਾਰੀ ਮਹਲਾ ੫ ਘਰੁ ੨ ੧ੴ ਸਤਿਗੁਰ ਪ੍ਰਸਾਦਿ ॥ ਮਾਈ ਗੁਰ ਚਰਣੀ ਚਿਤੁ ਲਾਈਐ ॥ ਪ੍ਰਭੁ ਹੋਇ ਕ੍ਰਿਪਾਲੁ ਕਮਲੁ ਪਰਗਾਸੇ ਸਦਾ ਸਦਾ ਹਰਿ ਧਿਆਈਐ ॥੧॥ ਰਹਾਉ ॥ ਅੰਤਰਿ ਏਕੋ ਬਾਹਰਿ ਏਕੋ ਸਭ ਮਹਿ ਏਕੁ ਸਮਾਈਐ ॥ ਘਟਿ ਅਵਘਟਿ ਰਵਿਆ ਸਭ ਠਾਈ ਹਰਿ ਪੂਰਨ ਬ੍ਰਹਮੁ ਦਿਖਾਈਐ ॥੧॥ ਉਸਤਤਿ ਕਰਹਿ ਸੇਵਕ ਮੁਨਿ ਕੇਤੇ ਤੇਰਾ ਅੰਤੁ ਨ ਕਤਹੂ ਪਾਈਐ ॥ ਸੁਖਦਾਤੇ ਦੁਖ ਭੰਜਨ ਸੁਆਮੀ ਜਨ ਨਾਨਕ ਸਦ ਬਲਿ ਜਾਈਐ ॥੨॥੧॥ {ਪੰਨਾ 528}

ਪਦਅਰਥ:- ਮਾਈ—ਹੇ ਮਾਂ! ਲਾਈਐ—ਜੋੜਨਾ ਚਾਹੀਦਾ ਹੈ । ਕਮਲੁ—ਕੌਲ-ਫੁੱਲ । ਪਰਗਾਸੇ—ਖਿੜ ਪੈਂਦਾ ਹੈ ।੧।ਰਹਾਉ।

ਅੰਤਰਿ—(ਸਰੀਰਾਂ ਦੇ) ਅੰਦਰ । ਸਭ ਮਹਿ—ਸਾਰੀ ਸ੍ਰਿਸ਼ਟੀ ਵਿਚ । ਘਟਿ ਅਵਘਟਿ—ਹਰੇਕ ਸਰੀਰ ਵਿਚ । ਸਭ ਠਾਈ—ਸਭ ਥਾਵਾਂ ਵਿਚ । ਦਿਖਾਈਐ—ਦਿਖਾਈ ਦੇਂਦਾ ਹੈ ।੧।

ਉਸਤਤਿ—ਵਡਿਆਈ, ਸਿਫ਼ਤਿ-ਸਾਲਾਹ । ਮੁਨਿ ਕੇਤੇ—ਬੇਅੰਤ ਮੁਨੀ । ਕਤਹੂ—ਕਿਸੇ ਪਾਸੋਂ ਭੀ । ਸੁਖ ਦਾਤੇ—ਹੇ ਸੁਖ ਦੇਣ ਵਾਲੇ! ਦੁਖ ਭੰਜਨ—ਹੇ ਦੁੱਖਾਂ ਦੇ ਨਾਸ ਕਰਨ ਵਾਲੇ! ਸਦ—ਸਦਾ ।੨।

ਅਰਥ:- ਹੇ ਮਾਂ! ਗੁਰੂ ਦੇ ਚਰਨਾਂ ਵਿਚ ਚਿੱਤ ਜੋੜਨਾ ਚਾਹੀਦਾ ਹੈ । (ਗੁਰੂ ਦੀ ਰਾਹੀਂ ਜਦੋਂ) ਪਰਮਾਤਮਾ ਦਇਆਵਾਨ ਹੁੰਦਾ ਹੈ, ਤਾਂ (ਹਿਰਦੇ ਦਾ) ਕੌਲ-ਫੁੱਲ ਖਿੜ ਪੈਂਦਾ ਹੈ । ਹੇ ਮਾਂ! ਸਦਾ (ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦਾ ਧਿਆਨ ਧਰਨਾ ਚਾਹੀਦਾ ਹੈ ।੧।ਰਹਾਉ।

ਹੇ ਮਾਂ! ਸਰੀਰਾਂ ਦੇ ਅੰਦਰ ਇਕ ਪਰਮਾਤਮਾ ਹੀ ਵੱਸ ਰਿਹਾ ਹੈ, ਬਾਹਰ ਸਾਰੇ ਜਗਤ-ਖਿਲਾਰੇ ਵਿਚ ਭੀ ਇਕ ਪਰਮਾਤਮਾ ਹੀ ਵੱਸ ਰਿਹਾ ਹੈ, ਸਾਰੀ ਸ੍ਰਿਸ਼ਟੀ ਵਿਚ ਉਹੀ ਇਕ ਵਿਆਪਕ ਹੈ । ਹਰੇਕ ਸਰੀਰ ਵਿਚ ਹਰ ਥਾਂ ਸਰਬ-ਵਿਆਪਕ ਪਰਮਾਤਮਾ ਹੀ (ਵੱਸਦਾ) ਦਿੱਸ ਰਿਹਾ ਹੈ ।੧।

ਹੇ ਪ੍ਰਭੂ! ਬੇਅੰਤ ਰਿਸ਼ੀ ਮੁਨੀ, ਤੇ, ਬੇਅੰਤ (ਤੇਰੇ) ਸੇਵਕ ਤੇਰੀ ਵਡਿਆਈ ਕਰਦੇ ਆ ਰਹੇ ਹਨ, ਕਿਸੇ ਪਾਸੋਂ ਤੇਰੇ ਗੁਣਾਂ ਦਾ ਅੰਤ ਨਹੀਂ ਪੈ ਸਕਿਆ । ਹੇ ਦਾਸ ਨਾਨਕ! (ਆਖ—) ਹੇ ਸੁਖ ਦੇਣ ਵਾਲੇ! ਹੇ ਦੁੱਖਾਂ ਦੇ ਨਾਸ ਕਰਨ ਵਾਲੇ! ਤੈਥੋਂ ਸਦਾ ਸਦਕੇ ਜਾਣਾ ਚਾਹੀਦਾ ਹੈ ।੨।੧।

ਦੇਵਗੰਧਾਰੀ ॥ ਮਾਈ ਹੋਨਹਾਰ ਸੋ ਹੋਈਐ ॥ ਰਾਚਿ ਰਹਿਓ ਰਚਨਾ ਪ੍ਰਭੁ ਅਪਨੀ ਕਹਾ ਲਾਭੁ ਕਹਾ ਖੋਈਐ ॥੧॥ ਰਹਾਉ ॥ ਕਹ ਫੂਲਹਿ ਆਨੰਦ ਬਿਖੈ ਸੋਗ ਕਬ ਹਸਨੋ ਕਬ ਰੋਈਐ ॥ ਕਬਹੂ ਮੈਲੁ ਭਰੇ ਅਭਿਮਾਨੀ ਕਬ ਸਾਧੂ ਸੰਗਿ ਧੋਈਐ ॥੧॥ ਕੋਇ ਨ ਮੇਟੈ ਪ੍ਰਭ ਕਾ ਕੀਆ ਦੂਸਰ ਨਾਹੀ ਅਲੋਈਐ ॥ ਕਹੁ ਨਾਨਕ ਤਿਸੁ ਗੁਰ ਬਲਿਹਾਰੀ ਜਿਹ ਪ੍ਰਸਾਦਿ ਸੁਖਿ ਸੋਈਐ ॥੨॥੨॥ {ਪੰਨਾ 528}

ਪਦਅਰਥ:- ਮਾਈ—ਹੇ ਮਾਂ! ਹੋਨਹਾਰ—ਜੋ (ਪ੍ਰਭੂ ਦੇ ਹੁਕਮ ਵਿਚ) ਜ਼ਰੂਰ ਵਾਪਰਨੀ ਹੈ । ਰਾਚਿ ਰਹਿਓ—ਰੁੱਝਾ ਹੋਇਆ ਹੈ । ਰਚਨਾ—ਖੇਡ । ਕਹਾ—ਕਿਤੇ । ਖੋਈਐ—ਖੋਹ ਰਿਹਾ ਹੈ ।੧।ਰਹਾਉ।

ਕਹ—ਕਿਤੇ । ਫੂਲਹਿ—ਵਧਦੇ ਫੁਲਦੇ ਹਨ । ਬਿਖੈ—ਵਿਸ਼ੇ-ਵਿਕਾਰ । ਸੋਗ—ਗ਼ਮ । ਹਸਨੋ—ਹਾਸਾ । ਕਬ—ਕਦੇ । ਰੋਈਐ—ਰੋਈਦਾ ਹੈ । ਭਰੇ—ਲਿਬੜੇ ਹੋਏ । ਅਭਿਮਾਨੀ—ਅਹੰਕਾਰੀ । ਸਾਧੂ ਸੰਗਿ—ਗੁਰੂ ਦੀ ਸੰਗਤਿ ਵਿਚ ।੧।

ਮੇਟੈ—ਮਿਟਾ ਸਕਦਾ । ਅਲੋਈਐ—ਵੇਖੀਦਾ ਹੈ । ਕਹੁ—ਆਖ । ਜਿਹ ਪ੍ਰਸਾਦਿ—ਜਿਸ ਦੀ ਕਿਰਪਾ ਨਾਲ । ਸੁਖਿ—ਆਤਮਕ ਆਨੰਦ ਵਿਚ । ਸੋਈਐ—ਲੀਨ ਰਹਿ ਸਕੀਦਾ ਹੈ ।੨।

ਅਰਥ:- ਹੇ ਮਾਂ! (ਜਗਤ ਵਿਚ) ਉਹੀ ਕੁਝ ਵਰਤ ਰਿਹਾ ਹੈ ਜੋ (ਪਰਮਾਤਮਾ ਦੀ ਰਜ਼ਾ ਅਨੁਸਾਰ) ਜ਼ਰੂਰ ਵਾਪਰਨਾ ਹੈ । ਪਰਮਾਤਮਾ ਆਪ ਆਪਣੀ ਇਸ ਜਗਤ-ਖੇਡ ਵਿਚ ਰੁੱਝਾ ਪਿਆ ਹੈ, ਕਿਤੇ ਲਾਭ ਦੇ ਰਿਹਾ ਹੈ, ਕਿਤੇ ਕੁਝ ਖੋਹ ਰਿਹਾ ਹੈ ।੧।ਰਹਾਉ।

ਹੇ ਮਾਂ! (ਜਗਤ ਵਿਚ) ਕਿਤੇ ਖ਼ੁਸ਼ੀਆਂ ਵਧ ਫੁਲ ਰਹੀਆਂ ਹਨ, ਕਿਤੇ ਵਿਸ਼ੇ-ਵਿਕਾਰਾਂ ਦੇ ਕਾਰਨ ਗ਼ਮ-ਚਿੰਤਾ ਵਧ ਰਹੇ ਹਨ । ਕਿਤੇ ਹਾਸਾ ਹੋ ਰਿਹਾ ਹੈ, ਕਿਤੇ ਰੋਣਾ ਪਿਆ ਹੋਇਆ ਹੈ । ਕਿਤੇ ਕੋਈ ਅਹੰਕਾਰੀ ਮਨੁੱਖ ਹਉਮੈ ਦੀ ਮੈਲ ਨਾਲ ਲਿਬੜੇ ਪਏ ਹਨ, ਕਿਤੇ ਗੁਰੂ ਦੀ ਸੰਗਤਿ ਵਿਚ ਬੈਠ ਕੇ (ਹਉਮੈ ਦੀ ਮੈਲ ਨੂੰ) ਧੋਤਾ ਜਾ ਰਿਹਾ ਹੈ ।੧।

(ਹੇ ਮਾਂ! ਜਗਤ ਵਿਚ ਪਰਮਾਤਮਾ ਤੋਂ ਬਿਨਾ) ਕੋਈ ਦੂਜਾ ਨਹੀਂ ਦਿੱਸਦਾ, ਕੋਈ ਜੀਵ ਉਸ ਪਰਮਾਤਮਾ ਦਾ ਕੀਤਾ (ਹੁਕਮ) ਮਿਟਾ ਨਹੀਂ ਸਕਦਾ ।

ਹੇ ਨਾਨਕ! ਆਖ—ਮੈਂ ਉਸ ਗੁਰੂ ਤੋਂ ਕੁਰਬਾਨ ਹਾਂ ਜਿਸ ਦੀ ਕਿਰਪਾ ਨਾਲ (ਪਰਮਾਤਮਾ ਦੀ ਰਜ਼ਾ ਵਿਚ ਰਹਿ ਕੇ) ਆਤਮਕ ਆਨੰਦ ਵਿਚ ਲੀਨ ਰਹਿ ਸਕੀਦਾ ਹੈ ।੨।੨।

ਦੇਵਗੰਧਾਰੀ ॥ ਮਾਈ ਸੁਨਤ ਸੋਚ ਭੈ ਡਰਤ ॥ ਮੇਰ ਤੇਰ ਤਜਉ ਅਭਿਮਾਨਾ ਸਰਨਿ ਸੁਆਮੀ ਕੀ ਪਰਤ ॥੧॥ ਰਹਾਉ ॥ ਜੋ ਜੋ ਕਹੈ ਸੋਈ ਭਲ ਮਾਨਉ ਨਾਹਿ ਨ ਕਾ ਬੋਲ ਕਰਤ ॥ ਨਿਮਖ ਨ ਬਿਸਰਉ ਹੀਏ ਮੋਰੇ ਤੇ ਬਿਸਰਤ ਜਾਈ ਹਉ ਮਰਤ ॥੧॥ ਸੁਖਦਾਈ ਪੂਰਨ ਪ੍ਰਭੁ ਕਰਤਾ ਮੇਰੀ ਬਹੁਤੁ ਇਆਨਪ ਜਰਤ ॥ ਨਿਰਗੁਨਿ ਕਰੂਪਿ ਕੁਲਹੀਣ ਨਾਨਕ ਹਉ ਅਨਦ ਰੂਪ ਸੁਆਮੀ ਭਰਤ ॥੨॥੩॥ {ਪੰਨਾ 529}

ਪਦਅਰਥ:- ਮਾਈ—ਹੇ ਮਾਂ! ਸੋਚ—ਚਿੰਤਾ । ਭੈ—{ਲਫ਼ਜ਼ ‘ਭਉ’ ਤੋਂ ਬਹੁ-ਵਚਨ} ਅਨੇਕਾਂ ਡਰ-

ਸਹਮ । ਤਜਉ—ਤਜਉਂ, ਮੈਂ ਛੱਡ ਦਿਆਂ । ਪਰਤ—ਪਈ ਰਹਿ ਕੇ ।੧।ਰਹਾਉ।

ਭਲ—ਭਲਾ । ਮਾਨਉ—ਮਾਨਉਂ, ਮੰਨਦੀ ਹਾਂ । ਨਾਹਿਨ—ਨਾਹੀਂ । ਕਾਬੋਲ—ਕਬੋਲ, ਉਲਟਾ ਬੋਲ, ਖਰ੍ਵਾ ਬੋਲ । ਨਿਮਖ—ਅੱਖ ਝਮਕਣ ਜਿਤਨਾ ਸਮਾ । ਬਿਸਰਉ—{ਹੁਕਮੀ ਭਵਿੱਖਤ, ਅੱਨ ਪੁਰਖ, ਇਕ-ਵਚਨ} ਕਿਤੇ ਵਿਸਰ ਜਾਏ । ਹੀਏ ਮੋਰੇ ਤੇ—ਮੇਰੇ ਹਿਰਦੇ ਤੋਂ । ਹੀਆ—ਹਿਰਦਾ । ਜਾਈ—ਜਾਈਂ । ਹਉ—ਮੈਂ ।੧।

ਸੁਖਦਾਈ—ਸੁਖ ਦੇਣ ਵਾਲਾ । ਇਆਨਪ—ਅੰਞਾਣਪੁਣਾ । ਜਰਤ—ਜਰਦਾ, ਸਹਾਰਦਾ । ਨਿਰਗੁਨਿ—{ਇਸਤ੍ਰੀ ਲਿੰਗ} ਗੁਣ-ਹੀਨ । ਕਰੂਪਿ—ਭੈੜੇ ਰੂਪ ਵਾਲੀ । ਹਉ—ਮੈਂ । ਭਰਤ—ਭਰਤਾ, ਖਸਮ ।੨।

ਅਰਥ:- ਹੇ ਮਾਂ! (ਖਸਮ-ਪ੍ਰਭੂ ਦੀ ਸਰਨ ਨਾਹ ਪੈਣ ਵਾਲੀਆਂ ਦੀ ਦਸ਼ਾ) ਸੁਣ ਕੇ ਮੈਨੂੰ ਸੋਚਾਂ ਫੁਰਦੀਆਂ ਹਨ, ਮੈਨੂੰ ਡਰ-ਸਹਮ ਵਾਪਰਦੇ ਹਨ, ਮੈਂ ਡਰਦੀ ਹਾਂ (ਕਿ ਕਿਤੇ ਮੇਰਾ ਭੀ ਇਹ ਹਾਲ ਨਾਹ ਹੋਵੇ । ਇਸ ਵਾਸਤੇ ਮੇਰੀ ਸਦਾ ਇਹ ਤਾਂਘ ਰਹਿੰਦੀ ਹੈ ਕਿ) ਮਾਲਕ-ਪ੍ਰਭੂ ਦੀ ਸਰਨ ਪਈ ਰਹਿ ਕੇ ਮੈਂ (ਆਪਣੇ ਅੰਦਰੋਂ) ਮੇਰ-ਤੇਰ ਗਵਾ ਦਿਆਂ, ਅਹੰਕਾਰ ਤਿਆਗ ਦਿਆਂ ।੧।ਰਹਾਉ।

ਹੇ ਮਾਂ! ਪ੍ਰਭੂ-ਪਤੀ ਜੇਹੜਾ ਜੇਹੜਾ ਹੁਕਮ ਕਰਦਾ ਹੈ, ਮੈਂ ਉਸੇ ਨੂੰ ਭਲਾ ਮੰਨਦੀ ਹਾਂ, ਮੈਂ (ਉਸ ਦੀ ਰਜ਼ਾ ਬਾਰੇ) ਕੋਈ ਉਲਟਾ ਬੋਲ ਨਹੀਂ ਬੋਲਦੀ । (ਹੇ ਮਾਂ! ਮੇਰੀ ਸਦਾ ਇਹ ਅਰਦਾਸਿ ਹੈ ਕਿ) ਅੱਖ ਝਮਕਣ ਦੇ ਸਮੇ ਲਈ ਭੀ ਉਹ ਪ੍ਰਭੂ-ਪਤੀ ਮੇਰੇ ਹਿਰਦੇ ਤੋਂ ਨਾਹ ਵਿਸਰੇ, (ਉਸ ਦੇ) ਭੁਲਾਇਆਂ ਮੈਨੂੰ ਆਤਮਕ ਮੌਤ ਆ ਜਾਂਦੀ ਹੈ ।੧।

ਹੇ ਮਾਂ! ਉਹ ਸਰਬ-ਵਿਆਪਕ ਕਰਤਾਰ ਪ੍ਰਭੂ (ਮੈਨੂੰ) ਸਾਰੇ ਸੁਖ ਦੇਣ ਵਾਲਾ ਹੈ, ਮੇਰੇ ਅੰਞਾਣਪੁਣੇ ਨੂੰ ਉਹ ਬਹੁਤ ਸਹਾਰਦਾ ਰਹਿੰਦਾ ਹੈ । ਹੇ ਨਾਨਕ! (ਆਖ—ਹੇ ਮਾਂ!) ਮੈਂ ਗੁਣ-ਹੀਨ ਹਾਂ, ਮੈਂ ਕੋਝੀ ਸ਼ਕਲ ਵਾਲੀ ਹਾਂ, ਮੇਰੀ ਉੱਚੀ ਕੁਲ ਭੀ ਨਹੀਂ ਹੈ; ਪਰ, ਮੇਰਾ ਖਸਮ-ਪ੍ਰਭੂ ਸਦਾ ਖਿੜੇ ਮੱਥੇ ਰਹਿਣ ਵਾਲਾ ਹੈ ।੨।੩।

ਦੇਵਗੰਧਾਰੀ ॥ ਮਨ ਹਰਿ ਕੀਰਤਿ ਕਰਿ ਸਦਹੂੰ ॥ ਗਾਵਤ ਸੁਨਤ ਜਪਤ ਉਧਾਰੈ ਬਰਨ ਅਬਰਨਾ ਸਭਹੂੰ ॥੧॥ ਰਹਾਉ ॥ ਜਹ ਤੇ ਉਪਜਿਓ ਤਹੀ ਸਮਾਇਓ ਇਹ ਬਿਧਿ ਜਾਨੀ ਤਬਹੂੰ ॥ ਜਹਾ ਜਹਾ ਇਹ ਦੇਹੀ ਧਾਰੀ ਰਹਨੁ ਨ ਪਾਇਓ ਕਬਹੂੰ ॥੧॥ ਸੁਖੁ ਆਇਓ ਭੈ ਭਰਮ ਬਿਨਾਸੇ ਕ੍ਰਿਪਾਲ ਹੂਏ ਪ੍ਰਭ ਜਬਹੂ ॥ ਕਹੁ ਨਾਨਕ ਮੇਰੇ ਪੂਰੇ ਮਨੋਰਥ ਸਾਧਸੰਗਿ ਤਜਿ ਲਬਹੂੰ ॥੨॥੪॥ {ਪੰਨਾ 529}

ਪਦਅਰਥ:- ਮਨ—ਹੇ ਮਨ! ਕੀਰਤਿ—ਸਿਫ਼ਤਿ-ਸਾਲਾਹ । ਸਦ ਹੂੰ—ਸਦਾ ਹੀ । ਉਧਾਰੈ—(ਸੰਸਾਰ-ਸਮੁੰਦਰ ਤੋਂ) ਬਚਾ ਲੈਂਦਾ ਹੈ । ਬਰਨ—ਉੱਚੀ ਜਾਤਿ ਵਾਲਿਆਂ ਨੂੰ । ਅਬਰਨਾ—ਨੀਵੀਂ ਜਾਤਿ ਵਾਲਿਆਂ ਨੂੰ । ਸਭ ਹੂੰ—ਸਭਨਾਂ ਨੂੰ ।੧।ਰਹਾਉ।

ਜਹ ਤੇ—ਜਿਥੋਂ, ਜਿਸ ਥਾਂ ਤੋਂ । ਤਹੀ—ਉਸ ਥਾਂ ਵਿਚ ਹੀ । ਬਿਧਿ—ਤਰੀਕਾ । ਤਬ ਹੂੰ—ਤਦੋਂ ਹੀ । ਜਹਾ ਜਹਾ—ਜਿੱਥੇ ਜਿੱਥੇ । ਦੇਹੀ—ਸਰੀਰ । ਕਬ ਹੂੰ—ਕਦੇ ਭੀ ।੧।

ਭੈ—{ਲਫ਼ਜ਼ 'ਭਉ' ਤੋਂ ਬਹੁ-ਵਚਨ} । ਸੰਗਿ—ਸੰਗਤਿ ਵਿਚ । ਤਜਿ—ਤਿਆਗ ਕੇ । ਲਬ—

ਲਾਲਚ ।੨।

ਅਰਥ:- ਹੇ (ਮੇਰੇ) ਮਨ! ਸਦਾ ਹੀ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦਾ ਰਹੁ । (ਸਿਫ਼ਤਿ-ਸਾਲਾਹ ਦੇ ਗੀਤ) ਗਾਣ ਵਾਲਿਆਂ ਨੂੰ, ਸੁਣਨ ਵਾਲਿਆਂ ਨੂੰ, ਨਾਮ ਜਪਣ ਵਾਲਿਆਂ ਨੂੰ, ਸਭਨਾਂ ਨੂੰ (ਚਾਹੇ ਉਹ) ਉੱਚੀ ਜਾਤਿ ਵਾਲੇ (ਹੋਣ, ਚਾਹੇ) ਨੀਵੀਂ ਜਾਤਿ ਵਾਲੇ—ਸਭਨਾਂ ਨੂੰ ਪਰਮਾਤਮਾ ਸੰਸਾਰ-ਸਮੁੰਦਰ ਤੋਂ ਬਚਾ ਲੈਂਦਾ ਹੈ ।੧।ਰਹਾਉ।

(ਹੇ ਮੇਰੇ ਮਨ! ਜਦੋਂ ਸਿਫ਼ਤਿ-ਸਾਲਾਹ ਕਰਦੇ ਰਹੀਏ) ਤਦੋਂ ਹੀ ਇਹ ਵਿਧੀ ਸਮਝ ਵਿਚ ਆਉਂਦੀ ਹੈ ਕਿ ਜਿਸ ਪ੍ਰਭੂ ਤੋਂ ਜੀਵ ਪੈਦਾ ਹੁੰਦਾ ਹੈ (ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ) ਉਸੇ ਵਿਚ ਲੀਨ ਹੋ ਜਾਂਦਾ ਹੈ । (ਹੇ ਮਨ!) ਜਿੱਥੇ ਜਿੱਥੇ ਭੀ ਪਰਮਾਤਮਾ ਨੇ ਸਰੀਰ-ਰਚਨਾ ਕੀਤੀ ਹੈ, ਕਦੇ ਭੀ ਕੋਈ ਸਦਾ ਇਥੇ ਟਿਕਿਆ ਨਹੀਂ ਰਹਿ ਸਕਦਾ ।੧।

(ਹੇ ਮੇਰੇ ਮਨ! ਸਦਾ ਸਿਫ਼ਤਿ-ਸਾਲਾਹ ਕਰਦਾ ਰਹੁ) ਪਰਮਾਤਮਾ ਜਦੋਂ ਦਇਆਵਾਨ ਹੁੰਦਾ ਹੈ (ਉਸ ਦੀ ਮੇਹਰ ਨਾਲ) ਆਨੰਦ (ਹਿਰਦੇ ਵਿਚ) ਆ ਵੱਸਦਾ ਹੈ, ਤੇ, ਸਾਰੇ ਡਰ ਭਰਮ ਨਾਸ ਹੋ ਜਾਂਦੇ ਹਨ । ਹੇ ਨਾਨਕ! ਆਖ—ਸਾਧ ਸੰਗਤਿ ਵਿਚ (ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ) ਲਾਲਚ ਤਿਆਗ ਕੇ ਮੇਰੇ ਸਾਰੇ ਮਨੋਰਥ ਪੂਰੇ ਹੋ ਗਏ ਹਨ ।੨।੪।

ਦੇਵਗੰਧਾਰੀ ॥ ਮਨ ਜਿਉ ਅਪੁਨੇ ਪ੍ਰਭ ਭਾਵਉ ॥ ਨੀਚਹੁ ਨੀਚੁ ਨੀਚੁ ਅਤਿ ਨਾਨ੍ਹਾ ਹੋਇ ਗਰੀਬੁ ਬੁਲਾਵਉ ॥੧॥ ਰਹਾਉ ॥ ਅਨਿਕ ਅਡੰਬਰ ਮਾਇਆ ਕੇ ਬਿਰਥੇ ਤਾ ਸਿਉ ਪ੍ਰੀਤਿ ਘਟਾਵਉ ॥ ਜਿਉ ਅਪੁਨੋ ਸੁਆਮੀ ਸੁਖੁ ਮਾਨੈ ਤਾ ਮਹਿ ਸੋਭਾ ਪਾਵਉ ॥੧॥ ਦਾਸਨ ਦਾਸ ਰੇਣੁ ਦਾਸਨ ਕੀ ਜਨ ਕੀ ਟਹਲ ਕਮਾਵਉ ॥ ਸਰਬ ਸੂਖ ਬਡਿਆਈ ਨਾਨਕ ਜੀਵਉ ਮੁਖਹੁ ਬੁਲਾਵਉ ॥੨॥੫॥ {ਪੰਨਾ 529}

ਪਦਅਰਥ:- ਮਨ—ਹੇ ਮਨ! ਜਿਉ—ਜਿਵੇਂ ਹੋ ਸਕੇ । ਪ੍ਰਭ ਭਾਵਉ—ਪ੍ਰਭੂ ਨੂੰ ਚੰਗਾ ਲੱਗ ਪਵਾਂ । ਨਾਨ੍ਹਾ—ਨੰਨ੍ਹਾ, ਨਿੱਕਾ ਜਿਹਾ, ਨਿਮਾਣਾ । ਹੋਇ—ਹੋ ਕੇ । ਬੁਲਾਵਉ—ਬੁਲਾਵਉਂ, ਮੈਂ ਬੁਲਾਂਦਾ ਹਾਂ ।੧।ਰਹਾਉ।

ਅਡੰਬਰ—ਪਸਾਰੇ । ਬਿਰਥੇ—ਵਿਅਰਥ । ਤਾ ਸਿਉ—ਉਹਨਾਂ ਨਾਲ । ਘਟਾਵਉ—ਮੈਂ ਘਟਾਂਦਾ ਹਾਂ । ਮਾਨੈ—ਮੰਨਦਾ ਹੈ । ਪਾਵਉ—ਪਾਵਉਂ, ਮੈਂ ਪਾਂਦਾ ਹਾਂ, ਮੈਂ ਪ੍ਰਾਪਤ ਕਰਦਾ ਹਾਂ ।੧।

ਰੇਣੁ—ਚਰਨ-ਧੂੜ । ਕਮਾਵਉ—ਕਮਾਵਉਂ, ਮੈਂ ਕਮਾਂਦਾ ਹਾਂ । ਜੀਵਉ—ਜੀਵਉਂ, ਮੈਂ ਆਤਮਕ ਜੀਵਨ ਹਾਸਲ ਕਰਦਾ ਹਾਂ । ਮੁਖਹੁ—ਮੂੰਹ ਨਾਲ । ਬੁਲਾਵਉ—ਮੈਂ ਬੁਲਾਂਦਾ ਹਾਂ ।੨।

ਅਰਥ:- ਹੇ ਮੇਰੇ ਮਨ! ਮੈਂ ਨੀਵਿਆਂ ਤੋਂ ਨੀਵਾਂ ਹੋ ਕੇ, ਬਹੁਤ ਨੀਵਾਂ ਹੋ ਕੇ, ਨਿਮਾਣਾ ਹੋ ਕੇ, ਗ਼ਰੀਬ ਬਣ ਕੇ, ਆਪਣੇ ਪ੍ਰਭੂ ਅੱਗੇ ਅਰਜ਼ੋਈ ਕਰਦਾ ਰਹਿੰਦਾ ਹਾਂ, (ਤਾ ਕਿ) ਜਿਵੇਂ ਭੀ ਹੋ ਸਕੇ ਮੈਂ ਆਪਣੇ ਉਸ ਪ੍ਰਭੂ ਨੂੰ ਚੰਗਾ ਲੱਗਣ ਲੱਗ ਪਵਾਂ ।੧।ਰਹਾਉ।

ਹੇ ਮੇਰੇ ਮਨ! ਮਾਇਆ ਦੇ ਇਹ ਅਨੇਕਾਂ ਖਿਲਾਰੇ ਵਿਅਰਥ ਹਨ (ਕਿਉਂਕਿ ਇਹਨਾਂ ਨਾਲੋਂ ਸਾਥ ਟੁੱਟ ਜਾਣਾ ਹੈ), ਮੈਂ ਇਹਨਾਂ ਨਾਲੋਂ ਆਪਣਾ ਪਿਆਰ ਘਟਾਈ ਜਾ ਰਿਹਾ ਹਾਂ, (ਮੈਂ ਇਹੀ ਸਮਝਦਾ ਹਾਂ ਕਿ) ਜਿਵੇਂ ਮੇਰਾ ਆਪਣਾ-ਮਾਲਕ ਪ੍ਰਭੂ ਸੁਖ ਮੰਨਦਾ ਹੈ, ਮੈਂ ਭੀ ਉਸੇ ਵਿਚ (ਸੁਖ ਮੰਨ ਕੇ) ਇੱਜ਼ਤ ਪ੍ਰਾਪਤ

ਕਰਦਾ ਹਾਂ ।੧।

ਹੇ ਨਾਨਕ! (ਆਖ—) ਮੈਂ ਆਪਣੇ ਪ੍ਰਭੂ ਦੇ ਦਾਸਾਂ ਦੇ ਦਾਸਾਂ ਦੀ ਚਰਨ-ਧੂੜ ਮੰਗਦਾ ਹਾਂ, ਮੈਂ ਪ੍ਰਭੂ ਦੇ ਸੇਵਕਾਂ ਦੀ ਸੇਵਾ ਕਰਦਾ ਹਾਂ, ਸਾਰੇ ਸੁਖ ਸਾਰੀਆਂ ਵਡਿਆਈਆਂ ਮੈਂ ਇਸੇ ਵਿਚ ਹੀ ਸਮਝਦਾ ਹਾਂ । ਜਦੋਂ ਮੈਂ ਆਪਣੇ ਪ੍ਰਭੂ ਨੂੰ ਮੂੰਹ ਨਾਲ ਬੁਲਾਂਦਾ ਹਾਂ ਮੈਂ ਆਤਮਕ ਜੀਵਨ ਹਾਸਲ ਕਰ ਲੈਂਦਾ ਹਾਂ ।੨।੫।

ਦੇਵਗੰਧਾਰੀ ॥ ਪ੍ਰਭ ਜੀ ਤਉ ਪ੍ਰਸਾਦਿ ਭ੍ਰਮੁ ਡਾਰਿਓ ॥ ਤੁਮਰੀ ਕ੍ਰਿਪਾ ਤੇ ਸਭੁ ਕੋ ਅਪਨਾ ਮਨ ਮਹਿ ਇਹੈ ਬੀਚਾਰਿਓ ॥੧॥ ਰਹਾਉ ॥ ਕੋਟਿ ਪਰਾਧ ਮਿਟੇ ਤੇਰੀ ਸੇਵਾ ਦਰਸਨਿ ਦੂਖੁ ਉਤਾਰਿਓ ॥ ਨਾਮੁ ਜਪਤ ਮਹਾ ਸੁਖੁ ਪਾਇਓ ਚਿੰਤਾ ਰੋਗੁ ਬਿਦਾਰਿਓ ॥੧॥ ਕਾਮੁ ਕ੍ਰੋਧੁ ਲੋਭੁ ਝੂਠੁ ਨਿੰਦਾ ਸਾਧੂ ਸੰਗਿ ਬਿਸਾਰਿਓ ॥ ਮਾਇਆ ਬੰਧ ਕਾਟੇ ਕਿਰਪਾ ਨਿਧਿ ਨਾਨਕ ਆਪਿ ਉਧਾਰਿਓ ॥੨॥੬॥ {ਪੰਨਾ 529}

ਪਦਅਰਥ:- ਤਉ ਪ੍ਰਸਾਦਿ—ਤਵ ਪ੍ਰਸਾਦਿ, ਤੇਰੀ ਕਿਰਪਾ ਨਾਲ । ਭ੍ਰਮੁ—ਭਟਕਣਾ । ਡਾਰਿਓ—ਦੂਰ ਕਰ ਦਿੱਤੀ ਹੈ । ਤੇ—ਤੋਂ, ਨਾਲ । ਸਭੁ ਕੋ—ਹਰੇਕ ਜੀਵ । ਇਹੈ—ਇਹ ਹੀ ।੧।ਰਹਾਉ।

ਕੋਟਿ—ਕ੍ਰੋੜਾਂ । ਪਰਾਧ—ਅਪਰਾਧ, ਪਾਪ । ਦਰਸਨਿ—ਦਰਸਨ ਨਾਲ । ਉਤਾਰਿਓ—ਲਾਹ ਲਿਆ ਹੈ । ਬਿਦਾਰਿਓ—ਨਾਸ ਕਰ ਲਿਆ ਹੈ ।੧।

ਸਾਧੂ ਸੰਗਿ—ਗੁਰੂ ਦੀ ਸੰਗਤਿ ਵਿਚ । ਬਿਸਾਰਿਓ—ਭੁਲਾ ਲਿਆ ਹੈ । ਬੰਧ—ਬੰਧਨ । ਕਿਰਪਾ ਨਿਧਿ—ਹੇ ਕਿਰਪਾ ਦੇ ਖ਼ਜ਼ਾਨੇ! ਉਧਾਰਿਓ—ਬਚਾ ਲਿਆ ਹੈ ।੨।

ਅਰਥ:- ਹੇ ਪ੍ਰਭੂ ਜੀ! ਤੇਰੀ ਮੇਹਰ ਨਾਲ ਮੈਂ ਆਪਣੇ ਮਨ ਦੀ ਭਟਕਣਾ ਦੂਰ ਕਰ ਲਈ ਹੈ, ਤੇਰੀ ਹੀ ਕਿਰਪਾ ਨਾਲ ਮੈਂ ਆਪਣੇ ਮਨ ਵਿਚ ਇਹ ਨਿਸ਼ਚਾ ਬਣਾ ਲਿਆ ਹੈ ਕਿ (ਤੇਰਾ ਪੈਦਾ ਕੀਤਾ ਹੋਇਆ) ਹਰੇਕ ਪ੍ਰਾਣੀ ਮੇਰਾ ਆਪਣਾ ਹੀ ਹੈ ।੧।ਰਹਾਉ।

ਹੇ ਪ੍ਰਭੂ! ਤੇਰੀ ਸੇਵਾ-ਭਗਤੀ ਕਰਨ ਨਾਲ ਮੇਰੇ (ਪਹਿਲੇ ਕੀਤੇ ਹੋਏ) ਕ੍ਰੋੜਾਂ ਹੀ ਪਾਪ ਮਿੱਟ ਗਏ ਹਨ, ਤੇਰੇ ਦਰਸਨ ਨਾਲ ਮੈਂ (ਆਪਣੇ ਅੰਦਰੋਂ ਹਰੇਕ) ਦੁੱਖ ਲਾਹ ਲਿਆ ਹੈ । ਤੇਰਾ ਨਾਮ ਜਪਦਿਆਂ ਮੈਂ ਬੜਾ ਆਨੰਦ ਮਾਣਿਆ ਹੈ, ਤੇ, ਚਿੰਤਾ ਰੋਗ (ਆਪਣੇ ਮਨ ਵਿਚੋਂ) ਦੂਰ ਕਰ ਲਿਆ ਹੈ ।੧।

ਹੇ ਪ੍ਰਭੂ! ਗੁਰੂ ਦੀ ਸੰਗਤਿ ਵਿਚ ਟਿਕ ਕੇ ਮੈਂ ਕਾਮ ਕ੍ਰੋਧ ਲੋਭ ਝੂਠ ਨਿੰਦਾ (ਆਦਿਕ ਵਿਕਾਰਾਂ ਨੂੰ ਆਪਣੇ ਮਨ ਵਿਚੋਂ) ਭੁਲਾ ਹੀ ਲਿਆ ਹੈ । ਹੇ ਨਾਨਕ! (ਆਖ—) ਹੇ ਕਿਰਪਾ ਦੇ ਖ਼ਜ਼ਾਨੇ ਪ੍ਰਭੂ! ਤੂੰ ਮੇਰੇ ਮਾਇਆ ਦੇ ਬੰਧਨ ਕੱਟ ਦਿੱਤੇ ਹਨ, ਤੂੰ ਆਪ ਹੀ ਮੈਨੂੰ (ਸੰਸਾਰ-ਸਮੁੰਦਰ ਵਿਚੋਂ) ਬਚਾ ਲਿਆ ਹੈ ।੨।੬।

ਦੇਵਗੰਧਾਰੀ ॥ ਮਨ ਸਗਲ ਸਿਆਨਪ ਰਹੀ ॥ ਕਰਨ ਕਰਾਵਨਹਾਰ ਸੁਆਮੀ ਨਾਨਕ ਓਟ ਗਹੀ ॥੧॥ ਰਹਾਉ ॥ ਆਪੁ ਮੇਟਿ ਪਏ ਸਰਣਾਈ ਇਹ ਮਤਿ ਸਾਧੂ ਕਹੀ ॥ ਪ੍ਰਭ ਕੀ ਆਗਿਆ ਮਾਨਿ ਸੁਖੁ ਪਾਇਆ ਭਰਮੁ ਅਧੇਰਾ ਲਹੀ ॥੧॥ ਜਾਨ ਪ੍ਰਬੀਨ ਸੁਆਮੀ ਪ੍ਰਭ

ਮੇਰੇ ਸਰਣਿ ਤੁਮਾਰੀ ਅਹੀ ॥ ਖਿਨ ਮਹਿ ਥਾਪਿ ਉਥਾਪਨਹਾਰੇ ਕੁਦਰਤਿ ਕੀਮ ਨ ਪਹੀ ॥੨॥੭॥ {ਪੰਨਾ 529}

ਪਦਅਰਥ:- ਮਨ—ਹੇ ਮਨ! ਸਿਆਨਪ—ਚਤੁਰਾਈ । ਰਹੀ—ਮੁੱਕ ਜਾਂਦੀ ਹੈ । ਕਰਨ ਕਰਾਵਨਹਾਰ—ਕਰਨਹਾਰ, ਕਰਾਵਨਹਾਰ, ਆਪ ਸਭ ਕੁਝ ਕਰਨ ਅਤੇ ਜੀਵਾਂ ਪਾਸੋਂ ਕਰਾਣ ਦੀ ਤਾਕਤ ਵਾਲਾ । ਓਟ—ਆਸਰਾ । ਗਹੀ—ਫੜੀ ।੧।ਰਹਾਉ।

ਆਪੁ—ਆਪਾ-ਭਾਵ । ਮੇਟਿ—ਮਿਟਾ ਕੇ । ਸਾਧੂ ਕਹੀ—ਸਾਧੂ ਦੀ ਦੱਸੀ ਹੋਈ । ਮਾਨਿ—ਮੰਨ ਕੇ । ਲਹੀ—ਦੂਰ ਹੋ ਜਾਂਦਾ ਹੈ ।੧।

ਜਾਨ—ਹੇ ਸੁਜਾਨ! ਪ੍ਰਬੀਨ—ਹੇ ਸਿਆਣੇ! ਅਹੀ—ਮੰਗੀ ਹੈ, ਆਇਆ ਹਾਂ । ਉਥਾਪਨਹਾਰੇ—ਹੇ ਨਾਸ ਕਰਨ ਦੀ ਤਾਕਤ ਵਾਲੇ! ਕੁਦਰਤਿ—ਤਾਕਤ । ਕੀਮ—ਕੀਮਤ । ਪਹੀ—ਪੈਂਦੀ ।੨।

ਅਰਥ:- ਹੇ ਨਾਨਕ! (ਆਖ—) ਹੇ ਮੇਰੇ ਮਨ! ਜੇਹੜਾ ਮਨੁੱਖ ਸਭ ਕੁਝ ਕਰ ਸਕਣ ਤੇ ਸਭ ਕੁਝ (ਜੀਵਾਂ ਪਾਸੋਂ) ਕਰਾ ਸਕਣ ਵਾਲੇ ਪਰਮਾਤਮਾ ਮਾਲਕ ਦਾ ਆਸਰਾ ਲੈ ਲੈਂਦਾ ਹੈ ਉਸ ਦੀ (ਆਪਣੀ) ਸਾਰੀ ਚਤੁਰਾਈ ਮੁੱਕ ਜਾਂਦੀ ਹੈ ।੧।ਰਹਾਉ।

ਹੇ ਮੇਰੇ ਮਨ! ਗੁਰੂ ਦੀ ਦੱਸੀ ਹੋਈ ਇਹ (ਆਪਣੀ ਸਿਆਣਪ-ਚਤੁਰਾਈ ਛੱਡ ਦੇਣ ਵਾਲੀ) ਸਿੱਖਿਆ ਜਿਨ੍ਹਾਂ ਮਨੁੱਖਾਂ ਨੇ ਗ੍ਰਹਣ ਕੀਤੀ, ਤੇ, ਜੋ ਆਪਾ-ਭਾਵ ਮਿਟਾ ਕੇ ਪ੍ਰਭੂ ਦੀ ਸਰਨ ਆ ਪਏ, ਉਹਨਾਂ ਪ੍ਰਭੂ ਦੀ ਰਜ਼ਾ ਮੰਨ ਕੇ ਆਤਮਕ ਆਨੰਦ ਮਾਣਿਆ, ਉਹਨਾਂ ਦੇ ਅੰਦਰੋਂ ਭਰਮ (-ਰੂਪ) ਹਨੇਰਾ ਦੂਰ ਹੋ ਗਿਆ ।੧।

ਹੇ ਸੁਜਾਨ ਤੇ ਸਿਆਣੇ ਮਾਲਕ! ਹੇ ਮੇਰੇ ਪ੍ਰਭੂ! ਮੈਂ ਤੇਰੀ ਸਰਨ ਆਇਆ ਹਾਂ । ਹੇ ਇਕ ਖਿਨ ਵਿਚ ਪੈਦਾ ਕਰ ਕੇ ਨਾਸ ਕਰਨ ਦੀ ਤਾਕਤ ਰੱਖਣ ਵਾਲੇ ਪ੍ਰਭੂ! (ਕਿਸੇ ਪਾਸੋਂ) ਤੇਰੀ ਤਾਕਤ ਦਾ ਮੁੱਲ ਨਹੀਂ ਪੈ ਸਕਦਾ ।੧।੭।

ਦੇਵਗੰਧਾਰੀ ਮਹਲਾ ੫ ॥ ਹਰਿ ਪ੍ਰਾਨ ਪ੍ਰਭੂ ਸੁਖਦਾਤੇ ॥ ਗੁਰ ਪ੍ਰਸਾਦਿ ਕਾਹੂ ਜਾਤੇ ॥੧॥ ਰਹਾਉ ॥ ਸੰਤ ਤੁਮਾਰੇ ਤੁਮਰੇ ਪ੍ਰੀਤਮ ਤਿਨ ਕਉ ਕਾਲ ਨ ਖਾਤੇ ॥ ਰੰਗਿ ਤੁਮਾਰੈ ਲਾਲ ਭਏ ਹੈ ਰਾਮ ਨਾਮ ਰਸਿ ਮਾਤੇ ॥੧॥ ਮਹਾ ਕਿਲਬਿਖ ਕੋਟਿ ਦੋਖ ਰੋਗਾ ਪ੍ਰਭ ਦ੍ਰਿਸਟਿ ਤੁਹਾਰੀ ਹਾਤੇ ॥ ਸੋਵਤ ਜਾਗਿ ਹਰਿ ਹਰਿ ਹਰਿ ਗਾਇਆ ਨਾਨਕ ਗੁਰ ਚਰਨ ਪਰਾਤੇ ॥੨॥੮॥ {ਪੰਨਾ 529-530}

ਪਦਅਰਥ:- ਪ੍ਰਾਨ ਦਾਤੇ—ਹੇ ਜਿੰਦ ਦੇਣ ਵਾਲੇ! ਸੁਖਦਾਤੇ—ਹੇ ਸੁਖ ਦੇਣ ਵਾਲੇ! ਪ੍ਰਸਾਦਿ—ਕਿਰਪਾ ਨਾਲ । ਕਾਹੂ—ਕਿਸੇ ਵਿਰਲੇ ਨੇ । ਜਾਤੇ—ਤੇਰੇ ਨਾਲ ਡੂੰਘੀ ਸਾਂਝ ਪਾਈ ।੧।ਰਹਾਉ।

ਪ੍ਰੀਤਮ—ਹੇ ਪ੍ਰੀਤਮ! ਕਾਲ—ਆਤਮਕ ਮੌਤ । ਨਾ ਖਾਤੇ—ਨਹੀਂ ਖਾ ਜਾਂਦੀ । ਰੰਗਿ—ਪ੍ਰੇਮ-ਰੰਗ ਵਿਚ । ਲਾਲ—ਚਾ-ਭਰੇ । ਰਸਿ—ਰਸ ਵਿਚ । ਮਾਤੇ—ਮਸਤ ।੧।

ਕਿਲਬਿਖ—ਪਾਪ । ਕੋਟਿ—ਕ੍ਰੋੜਾਂ । ਦੋਖ—ਐਬ । ਪ੍ਰਭ—ਹੇ ਪ੍ਰਭੂ! ਦ੍ਰਿਸਟਿ—ਨਿਗਾਹ । ਹਾਤੇ—ਨਾਸ ਹੋ ਜਾਂਦੇ ਹਨ, ਹਤੇ ਜਾਂਦੇ ਹਨ । ਪਰਾਤੇ—ਪੈਂਦੇ ਹਨ ।੨।

ਅਰਥ:- ਹੇ ਜਿੰਦ ਦੇਣ ਵਾਲੇ ਹਰੀ! ਹੇ ਸੁਖ ਦੇਣ ਵਾਲੇ ਪ੍ਰਭੂ! ਕਿਸੇ ਵਿਰਲੇ ਮਨੁੱਖ ਨੇ ਗੁਰੂ ਦੀ ਕਿਰਪਾ ਦੀ ਰਾਹੀਂ ਤੇਰੇ ਨਾਲ ਡੂੰਘੀ ਸਾਂਝ ਪਾਈ ਹੈ ।੧।ਰਹਾਉ।

ਹੇ ਪ੍ਰੀਤਮ ਪ੍ਰਭੂ! ਜੇਹੜੇ ਤੇਰੇ ਸੰਤ ਤੇਰੇ ਹੀ ਬਣੇ ਰਹਿੰਦੇ ਹਨ, ਆਤਮਕ ਮੌਤ ਉਹਨਾਂ ਦੇ ਸੁੱਚੇ ਜੀਵਨ ਨੂੰ ਮੁਕਾ ਨਹੀਂ ਸਕਦੀ । ਹੇ ਪ੍ਰਭੂ! ਉਹ ਤੇਰੇ ਸੰਤ ਤੇਰੇ ਪ੍ਰੇਮ-ਰੰਗ ਵਿਚ ਲਾਲ ਹੋਏ ਰਹਿੰਦੇ ਹਨ, ਉਹ ਤੇਰੇ ਨਾਮ-ਰਸ ਵਿਚ ਮਸਤ ਰਹਿੰਦੇ ਹਨ ।੧।

ਹੇ ਪ੍ਰਭੂ! (ਜੀਵਾਂ ਦੇ ਕੀਤੇ ਹੋਏ) ਵੱਡੇ ਵੱਡੇ ਪਾਪ, ਕ੍ਰੋੜਾਂ ਐਬ ਤੇ ਰੋਗ ਤੇਰੀ ਮੇਹਰ ਦੀ ਨਿਗਾਹ ਨਾਲ ਨਾਸ ਹੋ ਜਾਂਦੇ ਹਨ ।

ਹੇ ਨਾਨਕ! (ਆਖ—) ਜੇਹੜੇ ਮਨੁੱਖ ਗੁਰੂ ਦੀ ਚਰਨੀਂ ਆ ਪੈਂਦੇ ਹਨ ਉਹ ਸੁੱਤਿਆਂ ਜਾਗਦਿਆਂ ਹਰ ਵੇਲੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਂਦੇ ਰਹਿੰਦੇ ਹਨ ।੨।੮।

ਦੇਵਗੰਧਾਰੀ ੫ ॥ ਸੋ ਪ੍ਰਭੁ ਜਤ ਕਤ ਪੇਖਿਓ ਨੈਣੀ ॥ ਸੁਖਦਾਈ ਜੀਅਨ ਕੋ ਦਾਤਾ ਅੰਮ੍ਰਿਤੁ ਜਾ ਕੀ ਬੈਣੀ ॥੧॥ ਰਹਾਉ ॥ ਅਗਿਆਨੁ ਅਧੇਰਾ ਸੰਤੀ ਕਾਟਿਆ ਜੀਅ ਦਾਨੁ ਗੁਰ ਦੈਣੀ ॥ ਕਰਿ ਕਿਰਪਾ ਕਰਿ ਲੀਨੋ ਅਪੁਨਾ ਜਲਤੇ ਸੀਤਲ ਹੋਣੀ ॥੧॥ ਕਰਮੁ ਧਰਮੁ ਕਿਛੁ ਉਪਜਿ ਨ ਆਇਓ ਨਹ ਉਪਜੀ ਨਿਰਮਲ ਕਰਣੀ ॥ ਛਾਡਿ ਸਿਆਨਪ ਸੰਜਮ ਨਾਨਕ ਲਾਗੋ ਗੁਰ ਕੀ ਚਰਣੀ ॥੨॥੯॥ {ਪੰਨਾ 530}

ਪਦਅਰਥ:- ਜਤ ਕਤ—ਜਿਥੇ ਕਿਥੇ, ਹਰ ਥਾਂ । ਦੇਖਿਓ—ਮੈਂ ਵੇਖ ਲਿਆ ਹੈ । ਨੈਣ—ਆਪਣੀਆਂ ਅੱਖਾਂ ਨਾਲ । ਕੋ—ਦਾ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਜਲ । ਜਾ ਕੀ ਬੈਣੀ—ਜਿਸ ਦੀ ਸਿਫ਼ਤਿ-ਸਾਲਾਹ ਵਾਲੇ ਗੁਰ-ਬਚਨਾਂ ਵਿਚ ।੧।ਰਹਾਉ।

ਅਧੇਰਾ—ਹਨੇਰਾ । ਸੰਤੀ—ਸੰਤ ਜਨਾਂ ਨੇ । ਜੀਅ ਦਾਨੁ—ਆਤਮਕ ਜੀਵਨ ਦੀ ਦਾਤਿ । ਗੁਰ ਦੈਣੀ—ਦੇਣਹਾਰ ਗੁਰੂ ਨੇ । ਜਲਤੇ—ਸੜਦੇ । ਸੀਤਲ—ਠੰਢਾ-ਠਾਰ, ਸ਼ਾਂਤ-ਚਿੱਤ ।੧।

ਕਰਮੁ ਧਰਮੁ—(ਸ਼ਾਸਤ੍ਰਾਂ ਅਨੁਸਾਰ ਮਿਥਿਆ ਹੋਇਆ) ਧਾਰਮਿਕ ਕੰਮ । ਉਪਜਿ ਨ ਆਇਓ—ਮੈਥੋਂ ਹੋ ਨਹੀਂ ਸਕਿਆ । ਨਿਰਮਲ ਕਰਣੀ—(ਤੀਰਥ-ਇਸ਼ਨਾਨ ਆਦਿਕ ਦੀ ਰਾਹੀਂ) ਸੁੱਚਤਾ ਵਾਲਾ ਕੰਮ । ਛਾਡਿ—ਛੱਡ ਕੇ । ਸੰਜਮ—ਇੰਦ੍ਰਿਆਂ ਨੂੰ ਵੱਸ ਕਰਨ ਦੇ ਯਤਨ ।੨।

ਅਰਥ:- ਹੇ ਭਾਈ! ਜੇਹੜਾ ਪਰਮਾਤਮਾ ਸਭ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈ ਸਾਰੇ ਸੁਖ ਦੇਣ ਵਾਲਾ ਹੈ, ਜਿਸ ਪਰਮਾਤਮਾ ਦੀ ਸਿਫ਼ਤਿ ਸਾਲਾਹ-ਭਰੇ ਗੁਰ-ਸ਼ਬਦਾਂ ਵਿਚ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਹੈ, ਉਸ ਨੂੰ ਮੈਂ (ਗੁਰੂ ਦੀ ਕਿਰਪਾ ਨਾਲ) ਹਰ ਥਾਂ ਆਪਣੀ ਅੱਖੀਂ ਵੇਖ ਲਿਆ ਹੈ ।੧।ਰਹਾਉ।

ਹੇ ਭਾਈ! ਸੰਤ ਜਨਾਂ ਨੇ (ਮੇਰੇ ਅੰਦਰੋਂ) ਅਗਿਆਨ-ਹਨੇਰਾ ਕੱਟ ਦਿੱਤਾ ਹੈ, ਦੇਣਹਾਰ ਗੁਰੂ ਨੇ ਮੈਨੂੰ ਆਤਮਕ ਜੀਵਨ ਦੀ ਦਾਤਿ ਬਖ਼ਸ਼ੀ ਹੈ । ਪ੍ਰਭੂ ਨੇ ਮੇਹਰ ਕਰ ਕੇ ਮੈਨੂੰ ਆਪਣਾ (ਸੇਵਕ) ਬਣਾ ਲਿਆ ਹੈ (ਤ੍ਰਿਸ਼ਨਾ-ਅੱਗ ਵਿਚ) ਸੜ ਰਿਹਾ (ਸਾਂ, ਹੁਣ) ਮੈਂ ਸ਼ਾਂਤ-ਚਿੱਤ ਹੋ ਗਿਆ ਹਾਂ ।੧।

ਹੇ ਨਾਨਕ! (ਆਖ—ਹੇ ਭਾਈ! ਸ਼ਾਸਤ੍ਰਾਂ ਅਨੁਸਾਰ ਮਿਥਿਆ ਹੋਇਆ ਕੋਈ) ਧਾਰਮਿਕ ਕੰਮ ਮੈਥੋਂ ਹੋ ਨਹੀਂ ਸਕਿਆ, (ਤੀਰਥ-ਇਸ਼ਨਾਨ ਆਦਿਕ ਦੀ ਰਾਹੀਂ) ਸਰੀਰਕ ਸੁੱਚਤਾ ਵਾਲਾ ਕੋਈ ਕੰਮ ਮੈਂ ਕਰ

ਨਹੀਂ ਸਕਿਆ, ਆਪਣੀ ਚਤੁਰਾਈ ਛੱਡ ਕੇ ਮੈਂ ਗੁਰੂ ਦੀ ਚਰਨੀਂ ਆ ਪਿਆ ਹਾਂ ।੨।੯।

ਦੇਵਗੰਧਾਰੀ ੫ ॥ ਹਰਿ ਰਾਮ ਨਾਮੁ ਜਪਿ ਲਾਹਾ ॥ ਗਤਿ ਪਾਵਹਿ ਸੁਖ ਸਹਜ ਅਨੰਦਾ ਕਾਟੇ ਜਮ ਕੇ ਫਾਹਾ ॥੧॥ ਰਹਾਉ ॥ ਖੋਜਤ ਖੋਜਤ ਖੋਜਿ ਬੀਚਾਰਿਓ ਹਰਿ ਸੰਤ ਜਨਾ ਪਹਿ ਆਹਾ ॥ ਤਿਨ੍ਹਾ ਪਰਾਪਤਿ ਏਹੁ ਨਿਧਾਨਾ ਜਿਨ੍ਹ ਕੈ ਕਰਮਿ ਲਿਖਾਹਾ ॥੧॥ ਸੇ ਬਡਭਾਗੀ ਸੇ ਪਤਿਵੰਤੇ ਸੇਈ ਪੂਰੇ ਸਾਹਾ ॥ ਸੁੰਦਰ ਸੁਘੜ ਸਰੂਪ ਤੇ ਨਾਨਕ ਜਿਨ੍ਹ ਹਰਿ ਹਰਿ ਨਾਮੁ ਵਿਸਾਹਾ ॥੨॥੧੦॥ {ਪੰਨਾ 530}

ਪਦਅਰਥ:- ਜਪਿ—ਜਪ ਕੇ । ਲਾਹਾ—ਲਾਭ । ਗਤਿ—ਉੱਚੀ ਆਤਮਕ ਅਵਸਥਾ । ਸਹਜ—ਆਤਮਕ ਅਡੋਲਤਾ ।੧।ਰਹਾਉ।

ਖੋਜਤ ਖੋਜਤ—ਭਾਲ ਕਰਦਿਆਂ ਕਰਦਿਆਂ । ਪਹਿ—ਪਾਸ । ਆਹਾ—ਹੈ । ਨਿਧਾਨਾ—ਖ਼ਜ਼ਾਨਾ । ਕਰਮਿ—(ਪਰਮਾਤਮਾ ਦੀ) ਬਖ਼ਸ਼ਸ਼ ਨਾਲ ।੧।

ਸੇ ਪਤਿਵੰਤੇ—ਉਹ ਹਨ ਇੱਜ਼ਤ ਵਾਲੇ । ਸਾਹਾ—ਸਾਹੂਕਾਰ । ਸੁਘੜ—ਸੁਚੱਜੇ ਜੀਵਨ ਵਾਲੇ । ਵਿਸਾਹ—ਖ਼ਰੀਦਿਆ ।੨।

ਅਰਥ:- ਹੇ ਭਾਈ! ਪਰਮਾਤਮਾ ਦਾ ਨਾਮ ਜਪ ਜਪ ਕੇ ਮਨੁੱਖਾ ਜਨਮ ਦਾ ਲਾਭ ਖੱਟ । (ਜੇ ਤੂੰ ਨਾਮ ਜਪੇਂਗਾ ਤਾਂ) ਉੱਚੀ ਆਤਮਕ ਅਵਸਥਾ ਹਾਸਲ ਕਰ ਲਏਂਗਾ, ਆਤਮਕ ਅਡੋਲਤਾ ਦੇ ਸੁਖ ਆਨੰਦ ਮਾਣੇਂਗਾ, ਤੇਰੀਆਂ (ਆਤਮਕ) ਮੌਤ ਦੀਆਂ ਫਾਹੀਆਂ ਕੱਟੀਆਂ ਜਾਣਗੀਆਂ ।੧।ਰਹਾਉ।

ਹੇ ਭਾਈ! ਭਾਲ ਕਰਦਿਆਂ ਕਰਦਿਆਂ ਮੈਂ ਇਸ ਵਿਚਾਰ ਤੇ ਪਹੁੰਚਿਆ ਹਾਂ ਕਿ (ਇਹ ਲਾਭ) ਪ੍ਰਭੂ ਦੇ ਸੰਤ ਜਨਾਂ ਦੇ ਕੋਲ ਹੈ, ਤੇ, ਇਹ ਨਾਮ-ਖ਼ਜ਼ਾਨਾ ਉਹਨਾਂ ਮਨੁੱਖਾਂ ਨੂੰ ਮਿਲਦਾ ਹੈ, ਜਿਨ੍ਹਾਂ ਦੇ ਮੱਥੇ ਉੱਤੇ ਪਰਮਾਤਮਾ ਦੀ ਬਖ਼ਸ਼ਸ਼ ਨਾਲ (ਇਸ ਦਾ ਪ੍ਰਾਪਤ ਹੋਣਾ) ਲਿਖਿਆ ਹੋਇਆ ਹੈ ।੧।

ਹੇ ਨਾਨਕ! (ਆਖ—ਹੇ ਭਾਈ!) ਉਹੀ ਮਨੁੱਖ ਵੱਡੇ ਭਾਗਾਂ ਵਾਲੇ ਹਨ ਉਹੀ ਇੱਜ਼ਤ ਵਾਲੇ ਹਨ, ਉਹੀ ਪੂਰੇ ਸ਼ਾਹ ਹਨ, ਉਹੀ ਸੋਹਣੇ ਹਨ, ਸੁਚੱਜੇ ਹਨ, ਸੋਹਣੇ ਰੂਪ ਵਾਲੇ ਹਨ, ਜਿਨ੍ਹਾਂ ਨੇ ਪਰਮਾਤਮਾ ਦਾ ਨਾਮ-ਵੱਖਰ ਖ਼ਰੀਦਿਆ ਹੈ ।੨।੧੦।

ਦੇਵਗੰਧਾਰੀ ੫ ॥ ਮਨ ਕਹ ਅਹੰਕਾਰਿ ਅਫਾਰਾ ॥ ਦੁਰਗੰਧ ਅਪਵਿਤ੍ਰ ਅਪਾਵਨ ਭੀਤਰਿ ਜੋ ਦੀਸੈ ਸੋ ਛਾਰਾ ॥੧॥ ਰਹਾਉ ॥ ਜਿਨਿ ਕੀਆ ਤਿਸੁ ਸਿਮਰਿ ਪਰਾਨੀ ਜੀਉ ਪ੍ਰਾਨ ਜਿਨਿ ਧਾਰਾ ॥ ਤਿਸਹਿ ਤਿਆਗਿ ਅਵਰ ਲਪਟਾਵਹਿ ਮਰਿ ਜਨਮਹਿ ਮੁਗਧ ਗਵਾਰਾ ॥੧॥ ਅੰਧ ਗੁੰਗ ਪਿੰਗੁਲ ਮਤਿ ਹੀਨਾ ਪ੍ਰਭ ਰਾਖਹੁ ਰਾਖਨਹਾਰਾ ॥ ਕਰਨ ਕਰਾਵਨਹਾਰ ਸਮਰਥਾ ਕਿਆ ਨਾਨਕ ਜੰਤ ਬਿਚਾਰਾ ॥੨॥੧੧॥ {ਪੰਨਾ 530}

ਪਦਅਰਥ:- ਮਨ—ਹੇ ਮਨ! ਕਹ—ਕਾਹੇ? ਕਿਉਂ? ਅਹੰਕਾਰਿ—ਅਹੰਕਾਰ ਨਾਲ । ਅਫਾਰਾ—ਆਫਰਿਆ ਹੋਇਆ । ਦੁਰਗੰਧ—ਬਦ-ਬੋ । ਅਪਾਵਨ—ਗੰਦਾ । ਭੀਤਰਿ—(ਤੇਰੇ ਸਰੀਰ ਦੇ) ਅੰਦਰ । ਛਾਰਾ—ਨਾਸਵੰਤ ।੧।ਰਹਾਉ।

ਜਿਨ—ਜਿਸ (ਕਰਤਾਰ) ਨੇ । ਕੀਆ—ਪੈਦਾ ਕੀਤਾ ਹੈ । ਪਰਾਨੀ—ਹੇ ਪ੍ਰਾਣੀ! ਜੀਉ—ਜਿੰਦ ।

ਧਾਰਾ—ਸਹਾਰਾ ਦਿੱਤਾ ਹੈ । ਤਿਸਹਿ—ਉਸ (ਕਰਤਾਰ) ਨੂੰ । ਤਿਆਗਿ—ਛੱਡ ਕੇ । ਮਰਿ—ਮਰ ਕੇ । ਮੁਗਧ—ਹੇ ਮੂਰਖ! ਗਵਾਰਾ—ਹੇ ਗੰਵਾਰ! ।੧।

ਅੰਧ—ਅੰਨ੍ਹਾ । ਪਿੰਗੁਲ—ਲੂਲ੍ਹਾ । ਮਤਿ ਹੀਨਾ—ਮੂਰਖ । ਪ੍ਰਭ—ਹੇ ਪ੍ਰਭੂ! ।੨।

ਅਰਥ:- ਹੇ ਮਨ! ਤੂੰ ਕਿਉਂ ਅਹੰਕਾਰ ਨਾਲ ਆਫਰਿਆ ਹੋਇਆ ਹੈਂ? (ਤੇਰੇ ਸਰੀਰ ਦੇ) ਅੰਦਰ ਬਦ-ਬੋ ਹੈ ਤੇ ਗੰਦ ਹੈ, ਤੇ, ਜੇਹੜਾ ਇਹ ਤੇਰਾ ਸਰੀਰ ਦਿੱਸ ਰਿਹਾ ਹੈ ਇਹ ਭੀ ਨਾਸਵੰਤ ਹੈ ।੧।ਰਹਾਉ।

ਹੇ ਪ੍ਰਾਣੀ! ਜਿਸ ਪਰਮਾਤਮਾ ਨੇ ਤੈਨੂੰ ਪੈਦਾ ਕੀਤਾ ਹੈ, ਜਿਸ ਨੇ ਤੇਰੀ ਜਿੰਦ ਤੇਰੇ ਪ੍ਰਾਣਾਂ ਨੂੰ (ਸਰੀਰ ਦਾ) ਆਸਰਾ ਦਿੱਤਾ ਹੋਇਆ ਹੈ, ਉਸ ਦਾ ਸਿਮਰਨ ਕਰਿਆ ਕਰ । ਹੇ ਮੂਰਖ! ਹੇ ਗੰਵਾਰ! ਤੂੰ ਉਸ ਪਰਮਾਤਮਾ ਨੂੰ ਭੁਲਾ ਕੇ ਹੋਰ ਪਦਾਰਥਾਂ ਨਾਲ ਚੰਬੜਿਆ ਰਹਿੰਦਾ ਹੈਂ, ਜਨਮ ਮਰਨ ਦੇ ਗੇੜ ਵਿਚ ਪਿਆ ਰਹੇਂਗਾ ।੧।

ਹੇ ਸਭ ਜੀਵਾਂ ਦੀ ਰਾਖੀ ਕਰਨ ਦੇ ਸਮਰੱਥ ਪ੍ਰਭੂ! (ਜੀਵ ਮਾਇਆ ਦੇ ਮੋਹ ਵਿਚ) ਅੰਨ੍ਹੇ ਹੋਏ ਪਏ ਹਨ, ਤੇਰੇ ਭਜਨ ਵਲੋਂ ਗੁੰਗੇ ਹੋ ਰਹੇ ਹਨ, ਤੇਰੇ ਰਸਤੇ ਤੁਰਨੋਂ ਲੂਲ੍ਹੇ ਹੋ ਚੁਕੇ ਹਨ, ਮੂਰਖ ਹੋ ਗਏ ਹਨ, ਇਹਨਾਂ ਨੂੰ ਤੂੰ ਆਪ (ਇਸ ਮੋਹ ਵਿਚੋਂ) ਬਚਾ ਲੈ ।

ਹੇ ਨਾਨਕ! (ਆਖ—) ਹੇ ਸਭ ਕੁਝ ਆਪ ਕਰ ਸਕਣ ਵਾਲੇ ਤੇ ਜੀਵਾਂ ਪਾਸੋਂ ਕਰਾਣ ਦੀ ਸਮਰੱਥਾ ਰੱਖਣ ਵਾਲੇ ਪ੍ਰਭੂ! ਇਹਨਾਂ ਜੀਵਾਂ ਦੇ ਵੱਸ ਕੁਝ ਭੀ ਨਹੀਂ (ਤੂੰ ਆਪ ਇਹਨਾਂ ਦੀ ਸਹਾਇਤਾ ਕਰ) ।੨।੧੧।

ਦੇਵਗੰਧਾਰੀ ੫ ॥ ਸੋ ਪ੍ਰਭੁ ਨੇਰੈ ਹੂ ਤੇ ਨੇਰੈ ॥ ਸਿਮਰਿ ਧਿਆਇ ਗਾਇ ਗੁਨ ਗੋਬਿੰਦ ਦਿਨੁ ਰੈਨਿ ਸਾਝ ਸਵੇਰੈ ॥੧॥ ਰਹਾਉ ॥ ਉਧਰੁ ਦੇਹ ਦੁਲਭ ਸਾਧੂ ਸੰਗਿ ਹਰਿ ਹਰਿ ਨਾਮੁ ਜਪੇਰੈ ॥ ਘਰੀ ਨ ਮੁਹਤੁ ਨ ਚਸਾ ਬਿਲੰਬਹੁ ਕਾਲੁ ਨਿਤਹਿ ਨਿਤ ਹੇਰੈ ॥੧॥ ਅੰਧ ਬਿਲਾ ਤੇ ਕਾਢਹੁ ਕਰਤੇ ਕਿਆ ਨਾਹੀ ਘਰਿ ਤੇਰੈ ॥ ਨਾਮੁ ਅਧਾਰੁ ਦੀਜੈ ਨਾਨਕ ਕਉ ਆਨਦ ਸੂਖ ਘਨੇਰੈ ॥੨॥੧੨॥ ਛਕੇ ੨ ॥ {ਪੰਨਾ 530}

ਪਦਅਰਥ:- ਨੇਰੈ ਹੂ ਤੇ ਨੇਰੈ—ਨੇੜੇ ਤੋਂ ਨੇੜੇ, ਨਾਲ ਹੀ । ਰੈਨਿ—ਰਾਤ । ਸਾਝ—ਸ਼ਾਮ ।੧।ਰਹਾਉ।

ਉਧਰੁ ਦੇਹ—ਸਰੀਰ ਦਾ (ਸੰਸਾਰ-ਸਮੁੰਦਰ ਤੋਂ) ਪਾਰ-ਉਤਾਰਾ ਕਰ ਲੈ । ਦੁਲਭ ਦੇਹ—ਜੋ ਮਨੁੱਖਾ ਸਰੀਰ ਮੁਸ਼ਕਿਲ ਨਾਲ ਮਿਲਿਆ ਹੈ । ਸਾਧੂ ਸੰਗਿ—ਗੁਰੂ ਦੀ ਸੰਗਤਿ ਵਿਚ । ਜਪੇਰੈ—ਜਪਦਾ ਰਹੁ । ਮੁਹਤੁ—ਅੱਧੀ ਘੜੀ । ਚਸਾ—ਨਿਮਖ-ਮਾਤ੍ਰ । ਨ ਬਿਲੰਬਹੁ—ਦੇਰ ਨਾਹ ਕਰ । ਕਾਲੁ—ਮੌਤ । ਹੇਰੈ—ਤੱਕ ਰਹੀ ਹੈ ।੧।

ਬਿਲਾ—ਬਿਲ, ਖੁੱਡ । ਅੰਧ—ਅੰਨ੍ਹੀ । ਤੇ—ਤੋਂ, ਵਿਚੋਂ । ਕਰਤੇ—ਹੇ ਕਰਤਾਰ! ਘਰਿ ਤੇਰੈ—ਤੇਰੇ ਘਰ ਵਿਚ । ਅਧਾਰੁ—ਆਸਰਾ । ਕਉ—ਨੂੰ । ਘਨੇਰੈ—ਬਹੁਤ ।੨।

ਅਰਥ:- ਹੇ ਭਾਈ! ਦਿਨ ਰਾਤ ਸ਼ਾਮ ਸਵੇਰੇ (ਹਰ ਵੇਲੇ) ਪਰਮਾਤਮਾ ਦੇ ਗੁਣ ਗਾਂਦਾ ਰਹੁ, ਪਰਮਾਤਮਾ ਦਾ ਨਾਮ ਸਿਮਰਦਾ ਰਹੁ, ਪਰਮਾਤਮਾ ਦਾ ਧਿਆਨ ਧਰਦਾ ਰਹੁ । ਉਹ ਪਰਮਾਤਮਾ ਤੇਰੇ ਨਾਲ ਹੀ

ਵੱਸਦਾ ਹੈ ।੧।ਰਹਾਉ।

ਹੇ ਭਾਈ! ਗੁਰੂ ਦੀ ਸੰਗਤਿ ਵਿਚ ਟਿਕ ਕੇ ਪਰਮਾਤਮਾ ਦਾ ਨਾਮ ਜਪਿਆ ਕਰ, ਤੇ, ਆਪਣੇ ਇਸ ਮਨੁੱਖਾ ਸਰੀਰ ਨੂੰ (ਵਿਕਾਰਾਂ ਦੇ ਸਮੁੰਦਰ ਵਿਚ ਡੁੱਬਣੋਂ) ਬਚਾ ਲੈ ਜੋ ਬੜੀ ਮੁਸ਼ਕਿਲ ਨਾਲ ਤੈਨੂੰ ਮਿਲਿਆ ਹੈ । ਹੇ ਭਾਈ! ਮੌਤ ਤੈਨੂੰ ਹਰ ਵੇਲੇ ਸਦਾ ਤੱਕ ਰਹੀ ਹੈ, ਤੂੰ (ਨਾਮ ਸਿਮਰਨ ਵਿਚ) ਇਕ ਘੜੀ ਢਿੱਲ ਨਾਹ ਕਰ, ਅੱਧੀ ਘੜੀ ਭੀ ਦੇਰ ਨਾਹ ਕਰ, ਰਤਾ ਭੀ ਢਿੱਲ ਨਾਹ ਕਰ ।੧।

ਹੇ ਕਰਤਾਰ! ਤੇਰੇ ਘਰ ਵਿਚ ਕਿਸੇ ਚੀਜ਼ ਦੀ ਕਮੀ ਨਹੀਂ (ਮੇਹਰ ਕਰ, ਤੂੰ ਆਪ ਜੀਵਾਂ ਨੂੰ ਮਾਇਆ ਦੇ ਮੋਹ ਦੀ) ਘੁੱਪ ਹਨੇਰੀ ਖੁੱਡ ਵਿਚੋਂ ਕੱਢ ਲੈ । ਹੇ ਕਰਤਾਰ! ਨਾਨਕ ਨੂੰ ਆਪਣਾ ਨਾਮ-ਆਸਰਾ ਦੇਹ, ਤੇਰੇ ਨਾਮ ਵਿਚ ਬੇਅੰਤ ਸੁਖ ਆਨੰਦ ਹਨ ।੨।੧੨।ਛਕੇ ੨।

ਦੇਵਗੰਧਾਰੀ ੫ ॥ ਮਨ ਗੁਰ ਮਿਲਿ ਨਾਮੁ ਅਰਾਧਿਓ ॥ ਸੂਖ ਸਹਜ ਆਨੰਦ ਮੰਗਲ ਰਸ ਜੀਵਨ ਕਾ ਮੂਲੁ ਬਾਧਿਓ ॥੧॥ ਰਹਾਉ ॥ ਕਰਿ ਕਿਰਪਾ ਅਪੁਨਾ ਦਾਸੁ ਕੀਨੋ ਕਾਟੇ ਮਾਇਆ ਫਾਧਿਓ ॥ ਭਾਉ ਭਗਤਿ ਗਾਇ ਗੁਣ ਗੋਬਿਦ ਜਮ ਕਾ ਮਾਰਗੁ ਸਾਧਿਓ ॥੧॥ ਭਇਓ ਅਨੁਗ੍ਰਹੁ ਮਿਟਿਓ ਮੋਰਚਾ ਅਮੋਲ ਪਦਾਰਥੁ ਲਾਧਿਓ ॥ ਬਲਿਹਾਰੈ ਨਾਨਕ ਲਖ ਬੇਰਾ ਮੇਰੇ ਠਾਕੁਰ ਅਗਮ ਅਗਾਧਿਓ ॥੨॥੧੩॥ {ਪੰਨਾ 530}

ਪਦਅਰਥ:- ਗੁਰ ਮਿਲਿ—ਗੁਰੂ ਨੂੰ ਮਿਲ ਕੇ । ਸਹਜ—ਆਤਮਕ ਅਡੋਲਤਾ । ਮੰਗਲ—ਖ਼ੁਸ਼ੀ । ਮੂਲੁ—ਮੁੱਢ । ਬਾਧਿਓ—ਬੰਨ੍ਹ ਲਿਆ ।੧।ਰਹਾਉ।

ਕਰਿ—ਕਰ ਕੇ । ਕੀਨੋ—ਬਣਾ ਲਿਆ । ਫਾਧਿਓ—ਫਾਹੀਆਂ । ਭਾਉ—ਪਿਆਰ । ਗਾਇ—ਗਾ ਕੇ । ਮਾਰਗੁ—ਰਸਤਾ । ਸਾਧਿਓ—ਸਾਧ ਲਿਆ, ਵੱਸ ਵਿਚ ਕਰ ਲਿਆ ।੧।

ਅਨੁਗ੍ਰਹੁ—ਕਿਰਪਾ । ਮੋਰਚਾ—ਜੰਗਾਲ । ਅਮੋਲ—ਕੀਮਤੀ । ਨਾਨਕ—ਹੇ ਨਾਨਕ! ਬੇਰਾ—ਵਾਰੀ । ਅਗਮ—ਅਪਹੁੰਚ । ਅਗਾਧਿਓ—ਅਥਾਹ ।੨।

ਅਰਥ:- ਹੇ (ਮੇਰੇ) ਮਨ! ਜਿਸ ਮਨੁੱਖ ਨੇ ਗੁਰੂ ਨੂੰ ਮਿਲ ਕੇ ਪਰਮਾਤਮਾ ਦਾ ਨਾਮ ਸਿਮਰਿਆ, ਉਸ ਨੇ ਆਤਮਕ ਅਡੋਲਤਾ ਦੇ ਸੁਖ ਆਨੰਦ ਤੇ ਖ਼ੁਸ਼ੀਆਂ ਵਾਲੀ ਜ਼ਿੰਦਗੀ ਦਾ ਮੁੱਢ ਬੰਨ੍ਹ ਲਿਆ ।੧।

ਹੇ ਮਨ! ਪਰਮਾਤਮਾ ਨੇ ਕਿਰਪਾ ਕਰ ਕੇ ਜਿਸ ਮਨੁੱਖ ਨੂੰ ਆਪਣਾ ਦਾਸ ਬਣਾ ਲਿਆ, ਉਸ ਦੇ ਉਸ ਨੇ ਮਾਇਆ ਦੇ ਮੋਹ ਵਾਲੇ ਬੰਧਨ ਕੱਟ ਦਿੱਤੇ । ਉਸ ਮਨੁੱਖ ਨੇ (ਪ੍ਰਭੂ-ਚਰਨਾਂ ਵਿਚ) ਪ੍ਰੇਮ (ਕਰ ਕੇ, ਪ੍ਰਭੂ ਦੀ) ਭਗਤੀ (ਕਰ ਕੇ) ਗੋਬਿੰਦ ਦੇ ਗੁਣ ਗਾ ਕੇ (ਆਤਮਕ) ਮੌਤ ਦੇ ਰਸਤੇ ਨੂੰ ਆਪਣੇ ਵੱਸ ਵਿਚ ਕਰ ਲਿਆ ।੧।

ਹੇ ਮਨ! ਜਿਸ ਮਨੁੱਖ ਉਤੇ ਪਰਮਾਤਮਾ ਦੀ ਮੇਹਰ ਹੋਈ, ਉਸ (ਦੇ ਮਨ ਤੋਂ ਮਾਇਆ ਦੇ ਮੋਹ) ਦਾ ਜੰਗਾਲ ਲਹਿ ਗਿਆ, ਉਸ ਨੇ ਪਰਮਾਤਮਾ ਦਾ ਕੀਮਤੀ ਨਾਮ-ਪਦਾਰਥ ਲੱਭ ਲਿਆ । ਹੇ ਨਾਨਕ! (ਆਖ—) ਮੈਂ ਲਖ ਵਾਰੀ ਕੁਰਬਾਨ ਜਾਂਦਾ ਹਾਂ ਆਪਣੇ ਉਸ ਮਾਲਕ-ਪ੍ਰਭੂ ਤੋਂ ਜੋ (ਜੀਵਾਂ ਦੀ ਅਕਲ ਦੀ) ਪਹੁੰਚ ਤੋਂ ਪਰੇ ਹੈ, ਤੇ, ਜੋ ਅਥਾਹ (ਗੁਣਾਂ ਵਾਲਾ) ਹੈ ।੨।੧੩।

ਦੇਵਗੰਧਾਰੀ ੫ ॥ ਮਾਈ ਜੋ ਪ੍ਰਭ ਕੇ ਗੁਨ ਗਾਵੈ ॥ ਸਫਲ ਆਇਆ ਜੀਵਨ ਫਲੁ ਤਾ ਕੋ ਪਾਰਬ੍ਰਹਮ ਲਿਵ ਲਾਵੈ ॥੧॥ ਰਹਾਉ ॥ ਸੁੰਦਰੁ ਸੁਘੜੁ ਸੂਰੁ ਸੋ ਬੇਤਾ ਜੋ ਸਾਧੂ ਸੰਗੁ ਪਾਵੈ ॥ ਨਾਮੁ ਉਚਾਰੁ ਕਰੇ ਹਰਿ ਰਸਨਾ ਬਹੁੜਿ ਨ ਜੋਨੀ ਧਾਵੈ ॥੧॥ ਪੂਰਨ ਬ੍ਰਹਮੁ ਰਵਿਆ ਮਨ ਤਨ ਮਹਿ ਆਨ ਨ ਦ੍ਰਿਸਟੀ ਆਵੈ ॥ ਨਰਕ ਰੋਗ ਨਹੀ ਹੋਵਤ ਜਨ ਸੰਗਿ ਨਾਨਕ ਜਿਸੁ ਲੜਿ ਲਾਵੈ ॥੨॥੧੪॥ {ਪੰਨਾ 531}

ਪਦਅਰਥ:- ਮਾਈ—ਹੇ ਮਾਂ! ਤਾ ਕੋ ਆਇਆ ਸਫਲ—ਜਗਤ ਵਿਚ ਉਸ ਦਾ ਆਉਣਾ ਕਾਮਯਾਬ ਹੋ ਜਾਂਦਾ ਹੈ । ਲਿਵ—ਲਗਨ ।੧।ਰਹਾਉ।

ਸੁਘੜੁ—ਸੁਚੱਜਾ । ਸੂਰੁ—ਸੂਰਮਾ । ਬੇਤਾ—ਗਿਆਨਵਾਨ । ਸਾਧੂ—ਗੁਰੂ । ਸੰਗੁ—ਸਾਥ । ਉਚਾਰੁ ਕਰੇ—ਉਚਾਰਨ ਕਰਦਾ ਹੈ । ਰਸਨਾ—ਜੀਭ (ਨਾਲ) । ਬਹੁੜਿ—ਮੁੜ । ਧਾਵੈ—ਭਟਕਦਾ ।੧।

ਰਵਿਆ—ਹਰ ਵੇਲੇ ਮੌਜੂਦ । ਆਨ—ਕੋਈ ਹੋਰ । ਜਨ ਸੰਗਿ—ਸੰਤ ਜਨਾਂ ਦੀ ਸੰਗਤਿ ਵਿਚ । ਜਿਸੁ ਲੜਿ—ਜਿਸ ਮਨੁੱਖ ਨੂੰ ਸੰਤ ਜਨਾਂ ਦੇ ਲੜ ਨਾਲ ।੨।

ਅਰਥ:- ਹੇ ਮਾਂ! ਜੇਹੜਾ ਮਨੁੱਖ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ, ਪਰਮਾਤਮਾ ਦੇ ਚਰਨਾਂ ਵਿਚ ਪ੍ਰੇਮ ਬਣਾਈ ਰੱਖਦਾ ਹੈ, ਉਸ ਦਾ ਜਗਤ ਵਿਚ ਆਉਣਾ ਕਾਮਯਾਬ ਹੋ ਜਾਂਦਾ ਹੈ, ਉਸ ਨੂੰ ਜ਼ਿੰਦਗੀ ਦਾ ਫਲ ਮਿਲ ਜਾਂਦਾ ਹੈ ।੧।ਰਹਾਉ।

ਹੇ ਮਾਂ! ਜੇਹੜਾ ਮਨੁੱਖ ਗੁਰੂ ਦਾ ਸਾਥ ਪ੍ਰਾਪਤ ਕਰ ਲੈਂਦਾ ਹੈ, ਉਹ ਮਨੁੱਖ ਸੋਹਣੇ ਜੀਵਨ ਵਾਲਾ ਸੁਚੱਜਾ ਸੂਰਮਾ ਬਣ ਜਾਂਦਾ ਹੈ, ਉਹ ਆਪਣੀ ਜੀਭ ਨਾਲ ਪਰਮਾਤਮਾ ਦਾ ਨਾਮ ਉਚਾਰਦਾ ਰਹਿੰਦਾ ਹੈ, ਤੇ, ਮੁੜ ਮੁੜ ਜੂਨਾਂ ਵਿਚ ਨਹੀਂ ਭਟਕਦਾ ।੧।

ਹੇ ਨਾਨਕ! (ਆਖ—) ਜਿਸ ਮਨੁੱਖ ਨੂੰ ਪਰਮਾਤਮਾ ਸੰਤ ਜਨਾਂ ਦੇ ਲੜ ਲਾ ਦੇਂਦਾ ਹੈ, ਉਸ ਨੂੰ ਸੰਤ ਜਨਾਂ ਦੀ ਸੰਗਤਿ ਵਿਚ ਨਰਕ ਤੇ ਰੋਗ ਨਹੀਂ ਵਿਆਪਦੇ, ਸਰਬ-ਵਿਆਪਕ ਪ੍ਰਭੂ ਹਰ ਵੇਲੇ ਉਸ ਦੇ ਮਨ ਵਿਚ ਉਸ ਦੇ ਹਿਰਦੇ ਵਿਚ ਵੱਸਿਆ ਰਹਿੰਦਾ ਹੈ, ਪ੍ਰਭੂ ਤੋਂ ਬਿਨਾ ਉਸ ਨੂੰ (ਕਿਤੇ ਭੀ) ਕੋਈ ਹੋਰ ਨਹੀਂ ਦਿੱਸਦਾ ।੨।੧੪।

ਦੇਵਗੰਧਾਰੀ ੫ ॥ ਚੰਚਲੁ ਸੁਪਨੈ ਹੀ ਉਰਝਾਇਓ ॥ ਇਤਨੀ ਨ ਬੂਝੈ ਕਬਹੂ ਚਲਨਾ ਬਿਕਲ ਭਇਓ ਸੰਗਿ ਮਾਇਓ ॥੧॥ ਰਹਾਉ ॥ ਕੁਸਮ ਰੰਗ ਸੰਗ ਰਸਿ ਰਚਿਆ ਬਿਖਿਆ ਏਕ ਉਪਾਇਓ ॥ ਲੋਭ ਸੁਨੈ ਮਨਿ ਸੁਖੁ ਕਰਿ ਮਾਨੈ ਬੇਗਿ ਤਹਾ ਉਠਿ ਧਾਇਓ ॥੧॥ ਫਿਰਤ ਫਿਰਤ ਬਹੁਤੁ ਸ੍ਰਮੁ ਪਾਇਓ ਸੰਤ ਦੁਆਰੈ ਆਇਓ ॥ ਕਰੀ ਕ੍ਰਿਪਾ ਪਾਰਬ੍ਰਹਮਿ ਸੁਆਮੀ ਨਾਨਕ ਲੀਓ ਸਮਾਇਓ ॥੨॥੧੫॥ {ਪੰਨਾ 531}

ਪਦਅਰਥ:- ਚੰਚਲੁ—ਕਦੇ ਭੀ ਇਕ ਥਾਂ ਨਾਹ ਟਿਕਣ ਵਾਲਾ । ਸੁਪਨੈ—ਸੁਪਨੇ ਵਿਚ । ਉਰਝਾਇਓ—ਫਸ ਰਿਹਾ ਹੈ । ਕਬਹੂ—ਕਦੇ । ਬਿਕਲ—ਵਿਆਕੁਲ, ਬੁੱਧੂ । ਸੰਗਿ ਮਾਇਓ—ਮਾਇਆ ਨਾਲ ।੧।ਰਹਾਉ।

ਕੁਸਮ—ਫੁੱਲ । ਰਸਿ—ਰਸ ਵਿਚ; ਸੁਆਦ ਵਿਚ । ਰਚਿਆ—ਮਸਤ । ਬਿਖਿਆ—ਮਾਇਆ ।

ਉਪਾਇਓ—ਉਪਾਉ, ਦੌੜ-ਭੱਜ । ਸੁਨੈ—ਸੁਣਦਾ ਹੈ । ਮਨਿ—ਮਨ ਵਿਚ । ਬੇਗਿ—ਛੇਤੀ । ਤਹਾ—ਉਸ ਪਾਸੇ ।੧।

ਸ੍ਰਮੁ—ਥਕਾਵਟ । ਦੁਆਰੈ—ਦਰ ਤੇ । ਪਾਰਬ੍ਰਹਮਿ—ਪਰਮਾਤਮਾ ਨੇ ।੨।

ਅਰਥ:- ਹੇ ਭਾਈ! ਕਿਤੇ ਭੀ ਕਦੇ ਨਾਹ ਟਿਕਣ ਵਾਲਾ ਮਨੁੱਖੀ ਮਨ ਸੁਪਨੇ (ਵਿਚ ਦਿੱਸਣ ਵਰਗੇ ਪਦਾਰਥਾਂ) ਵਿਚ ਫਸਿਆ ਰਹਿੰਦਾ ਹੈ । ਕਦੇ ਇਤਨੀ ਗੱਲ ਭੀ ਨਹੀਂ ਸਮਝਦਾ ਕਿ ਇਥੋਂ ਆਖ਼ਰ ਤੁਰ ਜਾਣਾ ਹੈ । ਮਾਇਆ ਦੇ ਮੋਹ ਵਿਚ ਬੁੱਧੂ ਬਣਿਆ ਰਹਿੰਦਾ ਹੈ ।੧।ਰਹਾਉ।

ਹੇ ਭਾਈ! ਮਨੁੱਖ ਫੁੱਲਾਂ (ਵਰਗੇ ਛਿਨ-ਭੰਗਰ ਪਦਾਰਥਾਂ) ਦੇ ਰੰਗ ਤੇ ਸਾਥ ਦੇ ਸੁਆਦ ਵਿਚ ਮਸਤ ਰਹਿੰਦਾ ਹੈ, ਸਦਾ ਇਕ ਮਾਇਆ (ਇਕੱਠੀ ਕਰਨ) ਦਾ ਹੀ ਉਪਾਉ ਕਰਦਾ ਫਿਰਦਾ ਹੈ । ਜਦੋਂ ਇਹ ਲੋਭ (ਦੀ ਗੱਲ) ਸੁਣਦਾ ਹੈ ਤਾਂ ਮਨ ਵਿਚ ਖ਼ੁਸ਼ੀ ਮਨਾਂਦਾ ਹੈ (ਜਿਸ ਪਾਸਿਓਂ ਕੁਝ ਪ੍ਰਾਪਤ ਹੋਣ ਦੀ ਆਸ ਹੁੰਦੀ ਹੈ) ਉਧਰ ਛੇਤੀ ਉੱਠ ਦੌੜਦਾ ਹੈ ।੧।

ਹੇ ਨਾਨਕ! (ਆਖ—) ਭਟਕਦਾ ਭਟਕਦਾ ਜਦੋਂ ਮਨੁੱਖ ਬਹੁਤ ਥੱਕ ਗਿਆ ਤੇ ਗੁਰੂ ਦੇ ਦਰ ਤੇ ਆਇਆ, ਤਦੋਂ ਮਾਲਕ ਪਰਮਾਤਮਾ ਨੇ ਇਸ ਉਤੇ ਮੇਹਰ ਕੀਤੀ, ਤੇ, ਆਪਣੇ ਚਰਨਾਂ ਵਿਚ ਮਿਲਾ ਲਿਆ ।੨।੧੫।

ਦੇਵਗੰਧਾਰੀ ੫ ॥ ਸਰਬ ਸੁਖਾ ਗੁਰ ਚਰਨਾ ॥ ਕਲਿਮਲ ਡਾਰਨ ਮਨਹਿ ਸਧਾਰਨ ਇਹ ਆਸਰ ਮੋਹਿ ਤਰਨਾ ॥੧॥ ਰਹਾਉ ॥ ਪੂਜਾ ਅਰਚਾ ਸੇਵਾ ਬੰਦਨ ਇਹੈ ਟਹਲ ਮੋਹਿ ਕਰਨਾ ॥ ਬਿਗਸੈ ਮਨੁ ਹੋਵੈ ਪਰਗਾਸਾ ਬਹੁਰਿ ਨ ਗਰਭੈ ਪਰਨਾ ॥੧॥ ਸਫਲ ਮੂਰਤਿ ਪਰਸਉ ਸੰਤਨ ਕੀ ਇਹੈ ਧਿਆਨਾ ਧਰਨਾ ॥ ਭਇਓ ਕ੍ਰਿਪਾਲੁ ਠਾਕੁਰੁ ਨਾਨਕ ਕਉ ਪਰਿਓ ਸਾਧ ਕੀ ਸਰਨਾ ॥੨॥੧੬॥ {ਪੰਨਾ 531}

ਪਦਅਰਥ:- ਸਰਬ—ਸਾਰੇ । ਕਲਿਮਲ—ਪਾਪ । ਡਾਰਨ—ਦੂਰ ਕਰਨ-ਜੋਗ । ਮਨਹਿ—ਮਨ ਨੂੰ । ਸਧਾਰਨ—ਆਸਰਾ ਦੇਣ ਵਾਲੇ । ਮੋਹਿ—ਮੈਂ ।੧।ਰਹਾਉ।

ਅਰਚਾ—ਦੇਵ-ਪੂਜਾ ਸਮੇ ਚੰਦਨ ਆਦਿਕ ਦੀ ਭੇਟਾ । ਬੰਦਨ—(ਦੇਵਤਿਆਂ ਨੂੰ) ਨਮਸਕਾਰ । ਮੋਹਿ—ਮੈਂ । ਬਿਗਸੈ—ਖਿੜ ਪੈਂਦਾ ਹੈ । ਪਰਗਾਸਾ—(ਆਤਮਕ ਜੀਵਨ ਦਾ) ਚਾਨਣ । ਗਰਭੈ—ਗਰਭ ਵਿਚ, ਕੁੱਖ ਵਿਚ, ਜੂਨਾਂ ਵਿਚ ।੧।

ਸਫਲ—ਫਲ ਦੇਣ ਵਾਲੀ । ਪਰਸਉ—ਮੈਂ ਪਰਸਦਾ ਹਾਂ । ਕਉ—ਨੂੰ । ਸਾਧ—ਗੁਰੂ ।੨।

ਅਰਥ:- ਹੇ ਭਾਈ! ਗੁਰੂ ਚਰਨਾਂ ਵਿਚ ਪਿਆਂ ਸਾਰੇ ਸੁਖ ਮਿਲ ਜਾਂਦੇ ਹਨ । (ਗੁਰੂ ਦੇ ਚਰਨ ਸਾਰੇ) ਪਾਪ ਦੂਰ ਕਰ ਦੇਂਦੇ ਹਨ, ਮਨ ਨੂੰ ਸਹਾਰਾ ਦੇਂਦੇ ਹਨ । ਮੈਂ ਗੁਰੂ ਦੇ ਚਰਨਾਂ ਦਾ ਸਹਾਰਾ ਲੈ ਕੇ ਹੀ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਰਿਹਾ ਹਾਂ ।੧।ਰਹਾਉ।

ਹੇ ਭਾਈ! ਮੈਂ ਗੁਰੂ ਦੇ ਚਰਨਾਂ ਦੀ ਹੀ ਟਹਿਲ-ਸੇਵਾ ਕਰਦਾ ਹਾਂ—ਇਹੀ ਮੇਰੇ ਵਾਸਤੇ ਦੇਵ-ਪੂਜਾ ਹੈ, ਇਹੀ ਦੇਵ-ਮੂਰਤੀ ਅੱਗੇ ਚੰਦਨ ਆਦਿਕ ਦੀ ਭੇਟ ਹੈ, ਇਹੀ ਦੇਵਤੇ ਦੀ ਸੇਵਾ ਹੈ, ਇਹੀ ਦੇਵ-ਮੂਰਤੀ ਅੱਗੇ ਨਮਸਕਾਰ ਹੈ । (ਹੇ ਭਾਈ! ਗੁਰੂ ਦੀ ਚਰਨੀਂ ਪਿਆਂ) ਮਨ ਖਿੜ ਪੈਂਦਾ ਹੈ, ਆਤਮਕ ਜੀਵਨ ਦੀ ਸਮਝ ਪੈ ਜਾਂਦੀ ਹੈ, ਤੇ, ਮੁੜ ਮੁੜ ਜੂਨਾਂ ਦੇ ਗੇੜ ਵਿਚ ਨਹੀਂ ਪਈਦਾ ।੧।

ਹੇ ਭਾਈ! ਮੈਂ ਸੰਤ ਜਨਾਂ ਦੇ ਚਰਨ ਪਰਸਦਾ ਹਾਂ, ਇਹੀ ਮੇਰੇ ਵਾਸਤੇ ਫਲ ਦੇਣ ਵਾਲੀ ਮੂਰਤੀ ਹੈ, ਇਹੀ ਮੇਰੇ ਵਾਸਤੇ ਮੂਰਤੀ ਦਾ ਧਿਆਨ ਧਰਨਾ ਹੈ । ਹੇ ਭਾਈ! ਜਦੋਂ ਦਾ ਮਾਲਕ-ਪ੍ਰਭੂ ਮੈਂ ਨਾਨਕ ਉੱਤੇ ਦਇਆਵਾਨ ਹੋਇਆ ਹੈ, ਮੈਂ ਗੁਰੂ ਦੀ ਸਰਨ ਪਿਆ ਹੋਇਆ ਹਾਂ ।੨।੧੬।

ਦੇਵਗੰਧਾਰੀ ਮਹਲਾ ੫ ॥ ਅਪੁਨੇ ਹਰਿ ਪਹਿ ਬਿਨਤੀ ਕਹੀਐ ॥ ਚਾਰਿ ਪਦਾਰਥ ਅਨਦ ਮੰਗਲ ਨਿਧਿ ਸੂਖ ਸਹਜ ਸਿਧਿ ਲਹੀਐ ॥੧॥ ਰਹਾਉ ॥ ਮਾਨੁ ਤਿਆਗਿ ਹਰਿ ਚਰਨੀ ਲਾਗਉ ਤਿਸੁ ਪ੍ਰਭ ਅੰਚਲੁ ਗਹੀਐ ॥ ਆਂਚ ਨ ਲਾਗੈ ਅਗਨਿ ਸਾਗਰ ਤੇ ਸਰਨਿ ਸੁਆਮੀ ਕੀ ਅਹੀਐ ॥੧॥ ਕੋਟਿ ਪਰਾਧ ਮਹਾ ਅਕ੍ਰਿਤਘਨ ਬਹੁਰਿ ਬਹੁਰਿ ਪ੍ਰਭ ਸਹੀਐ ॥ ਕਰੁਣਾ ਮੈ ਪੂਰਨ ਪਰਮੇਸੁਰ ਨਾਨਕ ਤਿਸੁ ਸਰਨਹੀਐ ॥੨॥੧੭॥ {ਪੰਨਾ 531}

ਪਦਅਰਥ:- ਪਹਿ—ਪਾਸ, ਕੋਲ । ਕਹੀਐ—ਕਹਣੀ ਚਾਹੀਦੀ ਹੈ । ਚਾਰਿ ਪਦਾਰਥ—ਧਰਮ, ਅਰਥ, ਕਾਮ, ਮੋਖ । ਨਿਧਿ—ਖ਼ਜ਼ਾਨੇ । ਸਹਜ—ਆਤਮਕ ਅਡੋਲਤਾ । ਸਿਧਿ—ਕਰਾਮਾਤੀ ਤਾਕਤ ।੧।ਰਹਾਉ।

ਮਾਨੁ—ਅਹੰਕਾਰ । ਤਿਆਗਿ—ਛੱਡ ਕੇ । ਲਾਗਉ—ਲਾਗਉਂ, ਮੈਂ ਲੱਗਦਾ ਹਾਂ । ਅੰਚਲੁ—ਪੱਲਾ । ਗਹੀਐ—ਫੜਨਾ ਚਾਹੀਦਾ ਹੈ । ਆਂਚ—ਸੇਕ । ਸਾਗਰ—ਸਮੁੰਦਰ । ਤੇ—ਤੋਂ । ਅਹੀਐ—ਤਾਂਘ ਕਰਨੀ ਚਾਹੀਦੀ ਹੈ ।੧।

ਕੋਟਿ—ਕ੍ਰੋੜਾਂ । ਅਕ੍ਰਿਤਘਨ—ਕੀਤੇ ਉਪਕਾਰ ਨੂੰ ਭੁਲਾ ਦੇਣ ਵਾਲੇ, ਨਾਸ਼ੁਕਰੇ {øq£n} । ਬਹੁਰਿ—ਮੁੜ, ਫਿਰ । ਸਹੀਐ—ਸਹਾਰਦਾ ਹੈ, ਜਰਦਾ ਹੈ । ਕਰੁਣਾਮੈ—ਤਰਸ-ਸਰੂਪ । ਕਰੁਣਾ—ਤਰਸ ।੨।

ਅਰਥ:- ਹੇ ਭਾਈ! ਆਪਣੇ ਪਰਮਾਤਮਾ ਦੇ ਕੋਲ ਹੀ ਅਰਜ਼ੋਈ ਕਰਨੀ ਚਾਹੀਦੀ ਹੈ । (ਧਰਮ, ਅਰਥ, ਕਾਮ, ਮੋਖ) ਇਹ ਚਾਰੇ ਪਦਾਰਥ, ਅਨੰਦ ਖ਼ੁਸ਼ੀਆਂ ਦੇ ਖ਼ਜ਼ਾਨੇ, ਆਤਮਕ ਅਡੋਲਤਾ ਦੇ ਸੁਖ, ਕਰਾਮਾਤੀ ਤਾਕਤਾਂ—ਹਰੇਕ ਚੀਜ਼ ਪਰਮਾਤਮਾ ਪਾਸੋਂ ਮਿਲ ਜਾਂਦੀ ਹੈ ।੧।ਰਹਾਉ।

ਹੇ ਭਾਈ! ਮੈਂ ਤਾਂ ਅਹੰਕਾਰ ਛੱਡ ਕੇ ਪਰਮਾਤਮਾ ਦੀ ਚਰਨੀਂ ਹੀ ਪਿਆ ਰਹਿੰਦਾ ਹਾਂ । ਭਾਈ! ਉਸ ਪ੍ਰਭੂ ਦਾ ਹੀ ਪੱਲਾ ਫੜਨਾ ਚਾਹੀਦਾ ਹੈ । (ਇਸ ਤਰ੍ਹਾਂ ਵਿਕਾਰਾਂ ਦੀ) ਅੱਗ ਦੇ ਸਮੁੰਦਰ ਤੋਂ ਸੇਕ ਨਹੀਂ ਲੱਗਦਾ । ਮਾਲਕ-ਪ੍ਰਭੂ ਦੀ ਸਰਨ ਹੀ ਮੰਗਣੀ ਚਾਹੀਦੀ ਹੈ ।੧।

ਹੇ ਭਾਈ! ਵੱਡੇ ਵੱਡੇ ਨਾ-ਸ਼ੁਕਰਿਆਂ ਦੇ ਕ੍ਰੋੜਾਂ ਪਾਪ ਪਰਮਾਤਮਾ ਮੁੜ ਮੁੜ ਸਹਾਰਦਾ ਹੈ । ਹੇ ਨਾਨਕ! ਪਰਮਾਤਮਾ ਪੂਰਨ ਤੌਰ ਤੇ ਤਰਸ-ਸਰੂਪ ਹੈ ਉਸੇ ਦੀ ਹੀ ਸਰਨ ਪੈਣਾ ਚਾਹੀਦਾ ਹੈ ।੨।੧੭।

ਦੇਵਗੰਧਾਰੀ ੫ ॥ ਗੁਰ ਕੇ ਚਰਨ ਰਿਦੈ ਪਰਵੇਸਾ ॥ ਰੋਗ ਸੋਗ ਸਭਿ ਦੂਖ ਬਿਨਾਸੇ ਉਤਰੇ ਸਗਲ ਕਲੇਸਾ ॥੧॥ ਰਹਾਉ ॥ ਜਨਮ ਜਨਮ ਕੇ ਕਿਲਬਿਖ ਨਾਸਹਿ ਕੋਟਿ ਮਜਨ ਇਸਨਾਨਾ ॥ ਨਾਮੁ ਨਿਧਾਨੁ ਗਾਵਤ ਗੁਣ ਗੋਬਿੰਦ ਲਾਗੋ ਸਹਜਿ ਧਿਆਨਾ ॥੧॥ ਕਰਿ ਕਿਰਪਾ ਅਪੁਨਾ ਦਾਸੁ ਕੀਨੋ ਬੰਧਨ ਤੋਰਿ ਨਿਰਾਰੇ ॥ ਜਪਿ ਜਪਿ ਨਾਮੁ ਜੀਵਾ ਤੇਰੀ ਬਾਣੀ ਨਾਨਕ ਦਾਸ ਬਲਿਹਾਰੇ ॥੨॥੧੮॥ ਛਕੇ ੩ ॥ {ਪੰਨਾ 531}

ਪਦਅਰਥ:- ਰਿਦੈ—ਹਿਰਦੇ ਵਿਚ । ਸੋਗ—ਚਿੰਤਾ-ਫ਼ਿਕਰ, ਗ਼ਮ । ਸਭਿ—ਸਾਰੇ । ਕਲੇਸਾ—ਦੁੱਖ ।੧।ਰਹਾਉ।

ਕਿਲਵਿਖ—ਪਾਪ । ਨਾਸਹਿ—ਨਾਸ ਹੋ ਜਾਂਦੇ ਹਨ । ਕੋਟਿ—ਕ੍ਰੋੜਾਂ । ਮਜਨ—ਚੁੱਭੀ । ਨਿਧਾਨੁ—ਖ਼ਜ਼ਾਨਾ । ਸਹਜਿ—ਆਤਮਕ ਅਡੋਲਤਾ ਵਿਚ ।੧।

ਕੀਨੋ—ਬਣਾ ਲਿਆ । ਤੋਰਿ—ਤੋੜ ਕੇ । ਨਿਰਾਰੇ—(ਮਾਇਆ ਦੇ ਮੋਹ ਤੋਂ) ਵੱਖਰਾ (ਕਰ ਲਿਆ) । ਜੀਵਾ—ਜੀਵਾਂ, ਮੈਂ ਆਤਮਕ ਜੀਵਨ ਪ੍ਰਾਪਤ ਕਰਦਾ ਹਾਂ । ਬਲਿਹਾਰੇ—ਕੁਰਬਾਨ ।੨। ਛਕੇ ੩—ਛੇ ਛੇ ਸ਼ਬਦਾਂ ਦੇ ਤਿੰਨ ਸੰਗ੍ਰਹਿ ।

ਅਰਥ:- (ਹੇ ਭਾਈ! ਜਿਸ ਮਨੁੱਖ ਦੇ) ਹਿਰਦੇ ਵਿਚ ਗੁਰੂ ਦੇ ਚਰਨ ਟਿਕ ਜਾਂਦੇ ਹਨ, ਉਸ ਮਨੁੱਖ ਦੇ ਸਾਰੇ ਰੋਗ ਸਾਰੇ ਗ਼ਮ ਸਾਰੇ ਦੁੱਖ ਨਾਸ ਹੋ ਜਾਂਦੇ ਹਨ ।੧।ਰਹਾਉ।

(ਹੇ ਭਾਈ! ਗੁਰੂ ਦੇ ਚਰਨਾਂ ਦੀ ਬਰਕਤਿ ਨਾਲ) ਜਨਮਾਂ ਜਨਮਾਂਤਰਾਂ ਦੇ (ਕੀਤੇ) ਪਾਪ ਨਾਸ ਹੋ ਜਾਂਦੇ ਹਨ, (ਗੁਰੂ ਦੇ ਚਰਨ ਹਿਰਦੇ ਵਿਚ ਵਸਾਣਾ ਹੀ) ਕ੍ਰੋੜਾਂ ਤੀਰਥਾਂ ਦਾ ਇਸ਼ਨਾਨ ਹੈ, ਕ੍ਰੋੜਾਂ ਤੀਰਥਾਂ ਦੇ ਜਲ ਵਿਚ ਚੁੱਭੀ ਹੈ । (ਗੁਰੂ ਦੇ ਚਰਨਾਂ ਦੀ ਬਰਕਤਿ ਨਾਲ) ਗੋਬਿੰਦ ਦੇ ਗੁਣ ਗਾਂਦਿਆਂ ਗਾਂਦਿਆਂ ਨਾਮ-ਖ਼ਜ਼ਾਨਾ ਮਿਲ ਜਾਂਦਾ ਹੈ, ਆਤਮਕ ਅਡੋਲਤਾ ਵਿਚ ਸੁਰਤਿ ਜੁੜੀ ਰਹਿੰਦੀ ਹੈ ।੧।

ਹੇ ਭਾਈ! ਪਰਮਾਤਮਾ ਮੇਹਰ ਕਰ ਕੇ ਜਿਸ ਮਨੁੱਖ ਨੂੰ ਆਪਣਾ ਦਾਸ ਬਣਾ ਲੈਂਦਾ ਹੈ, ਉਸ ਦੇ ਮਾਇਆ ਦੇ ਬੰਧਨ ਤੋੜ ਕੇ ਉਸ ਨੂੰ ਮਾਇਆ ਦੇ ਮੋਹ ਤੋਂ ਨਿਰਲੇਪ ਕਰ ਲੈਂਦਾ ਹੈ । ਹੇ ਦਾਸ ਨਾਨਕ! (ਆਖ—ਹੇ ਪ੍ਰਭੂ!) ਮੈਂ ਤੈਥੋਂ ਕੁਰਬਾਨ ਜਾਂਦਾ ਹਾਂ, ਤੇਰੀ ਸਿਫ਼ਤਿ-ਸਾਲਾਹ ਦੀ ਬਾਣੀ ਉਚਾਰ ਕੇ ਤੇਰਾ ਨਾਮ ਜਪ ਜਪ ਕੇ ਮੈਂ ਆਤਮਕ ਜੀਵਨ ਪ੍ਰਾਪਤ ਕਰ ਰਿਹਾ ਹਾਂ ।੨।੧੮।ਛਕੇ ੩।

ਦੇਵਗੰਧਾਰੀ ਮਹਲਾ ੫ ॥ ਮਾਈ ਪ੍ਰਭ ਕੇ ਚਰਨ ਨਿਹਾਰਉ ॥ ਕਰਹੁ ਅਨੁਗ੍ਰਹੁ ਸੁਆਮੀ ਮੇਰੇ ਮਨ ਤੇ ਕਬਹੁ ਨ ਡਾਰਉ ॥੧॥ ਰਹਾਉ ॥ ਸਾਧੂ ਧੂਰਿ ਲਾਈ ਮੁਖਿ ਮਸਤਕਿ ਕਾਮ ਕ੍ਰੋਧ ਬਿਖੁ ਜਾਰਉ ॥ ਸਭ ਤੇ ਨੀਚੁ ਆਤਮ ਕਰਿ ਮਾਨਉ ਮਨ ਮਹਿ ਇਹੁ ਸੁਖੁ ਧਾਰਉ ॥੧॥ ਗੁਨ ਗਾਵਹ ਠਾਕੁਰ ਅਬਿਨਾਸੀ ਕਲਮਲ ਸਗਲੇ ਝਾਰਉ ॥ ਨਾਮ ਨਿਧਾਨੁ ਨਾਨਕ ਦਾਨੁ ਪਾਵਉ ਕੰਠਿ ਲਾਇ ਉਰਿ ਧਾਰਉ ॥੨॥੧੯॥ {ਪੰਨਾ 532}

ਪਦਅਰਥ:- ਮਾਈ—ਹੇ ਮਾਂ! ਨਿਹਾਰਉ—ਨਿਹਾਰਉਂ, ਮੈਂ ਤੱਕਦਾ ਹਾਂ । ਅਨੁਗ੍ਰਹੁ—ਦਇਆ । ਸੁਆਮੀ—ਹੇ ਸੁਆਮੀ! ਤੇ—ਤੋਂ । ਕਬਹੁ—ਕਦੇ ਭੀ । ਡਾਰਉ—ਡਾਰਉਂ, ਦੂਰ ਕਰਾਂ ।੧।ਰਹਾਉ।

ਸਾਧੂ—ਗੁਰੂ । ਲਾਈ—ਲਾਈਂ, ਮੈਂ ਲਾਵਾਂ । ਮੁਖਿ—ਮੂੰਹ ਉਤੇ । ਮਸਤਕਿ—ਮੱਥੇ ਉਤੇ । ਬਿਖੁ—ਜ਼ਹਿਰ । ਜਾਰਉ—ਜਾਰਉਂ, ਮੈਂ ਸਾੜ ਦਿਆਂ । ਤੇ—ਤੋਂ । ਆਤਮ—ਆਪਣੇ ਆਪ ਨੂੰ । ਮਾਨਉ—ਮਾਨਉਂ, ਮੈਂ ਮੰਨਦਾ ਹਾਂ । ਧਾਰਉ—ਧਾਰਉਂ, ਮੈਂ ਟਿਕਾਂਦਾ ਹਾਂ ।੧।

ਗਾਵਹ—ਆਓ, ਅਸੀ ਗਾਵੀਏ । ਕਲਮਲ—ਪਾਪ । ਝਾਰਉ—ਝਾਰਉਂ, ਮੈਂ ਝਾੜਦਾ ਹਾਂ । ਪਾਵਉ—ਪਾਵਉਂ, ਮੈਂ ਪ੍ਰਾਪਤ ਕਰ ਲਵਾਂ । ਕੰਠਿ—ਗਲ ਨਾਲ । ਉਰਿ—ਹਿਰਦੇ ਵਿਚ ।੨।

ਅਰਥ:- ਹੇ (ਮੇਰੀ) ਮਾਂ! ਮੈਂ (ਸਦਾ) ਪਰਮਾਤਮਾ ਦੇ (ਸੋਹਣੇ) ਚਰਨਾਂ ਵਲ ਤੱਕਦਾ ਰਹਿੰਦਾ ਹਾਂ (ਤੇ, ਅਰਦਾਸ ਕਰਦਾ ਰਹਿੰਦਾ ਹਾਂ ਕਿ) ਹੇ ਮੇਰੇ ਮਾਲਕ! (ਮੇਰੇ ਉਤੇ) ਮੇਹਰ ਕਰ, ਮੈਂ (ਆਪਣੇ) ਮਨ ਤੋਂ

(ਤੈਨੂੰ) ਕਦੇ ਭੀ ਨਾਹ ਭੁਲਾਵਾਂ ।੧।ਰਹਾਉ।

(ਹੇ ਮਾਂ! ਮੈਂ ਪ੍ਰਭੂ ਅੱਗੇ ਅਰਦਾਸ ਕਰਦਾ ਰਹਿੰਦਾ ਹਾਂ ਕਿ) ਮੈਂ ਗੁਰੂ ਦੇ ਪੈਰਾਂ ਦੀ ਖ਼ਾਕ ਆਪਣੇ ਮੂੰਹ ਉੱਤੇ ਆਪਣੇ ਮੱਥੇ ਉੱਤੇ ਲਾਂਦਾ ਰਹਾਂ, (ਤੇ, ਆਪਣੇ ਅੰਦਰੋਂ ਆਤਮਕ ਜੀਵਨ ਨੂੰ ਮਾਰ ਦੇਣ ਵਾਲੀ) ਕਾਮ ਕ੍ਰੋਧ ਦੀ ਜ਼ਹਿਰ ਸਾੜਦਾ ਰਹਾਂ; ਮੈਂ ਆਪਣੇ ਆਪ ਨੂੰ ਸਭਨਾਂ ਤੋਂ ਨੀਵਾਂ ਸਮਝਦਾ ਰਹਾਂ, ਤੇ ਆਪਣੇ ਮਨ ਵਿਚ (ਗਰੀਬੀ ਸੁਭਾਵ ਦਾ) ਇਹ ਸੁਖ (ਸਦਾ) ਟਿਕਾਈ ਰੱਖਾਂ ।੧।

ਹੇ ਭਾਈ! ਆਓ ਰਲ ਕੇ ਠਾਕੁਰ-ਪ੍ਰਭੂ ਦੇ ਗੁਣ ਗਾਵੀਏ, (ਗੁਣ ਗਾਣ ਦੀ ਬਰਕਤਿ ਨਾਲ) ਮੈਂ ਆਪਣੇ ਸਾਰੇ (ਪਿਛਲੇ) ਪਾਪ (ਮਨ ਤੋਂ) ਝਾੜ ਰਿਹਾ ਹਾਂ । ਹੇ ਨਾਨਕ! (ਆਖ—ਹੇ ਪ੍ਰਭੂ! ਮੈਂ ਤੇਰੇ ਪਾਸੋਂ ਇਹ) ਦਾਨ (ਮੰਗਦਾ ਹਾਂ ਕਿ) ਮੈਂ ਤੇਰਾ ਨਾਮ-ਖ਼ਜ਼ਾਨਾ ਹਾਸਲ ਕਰ ਲਵਾਂ, ਤੇ, ਇਸ ਨੂੰ ਆਪਣੇ ਗਲ ਨਾਲ ਲਾ ਕੇ ਆਪਣੇ ਹਿਰਦੇ ਵਿਚ ਟਿਕਾਈ ਰੱਖਾਂ ।੨।੧੯।

ਦੇਵਗੰਧਾਰੀ ਮਹਲਾ ੫ ॥ ਪ੍ਰਭ ਜੀਉ ਪੇਖਉ ਦਰਸੁ ਤੁਮਾਰਾ ॥ ਸੁੰਦਰ ਧਿਆਨੁ ਧਾਰੁ ਦਿਨੁ ਰੈਨੀ ਜੀਅ ਪ੍ਰਾਨ ਤੇ ਪਿਆਰਾ ॥੧॥ ਰਹਾਉ ॥ ਸਾਸਤ੍ਰ ਬੇਦ ਪੁਰਾਨ ਅਵਿਲੋਕੇ ਸਿਮ੍ਰਿਤਿ ਤਤੁ ਬੀਚਾਰਾ ॥ ਦੀਨਾ ਨਾਥ ਪ੍ਰਾਨਪਤਿ ਪੂਰਨ ਭਵਜਲ ਉਧਰਨਹਾਰਾ ॥੧॥ ਆਦਿ ਜੁਗਾਦਿ ਭਗਤ ਜਨ ਸੇਵਕ ਤਾ ਕੀ ਬਿਖੈ ਅਧਾਰਾ ॥ ਤਿਨ ਜਨ ਕੀ ਧੂਰਿ ਬਾਛੈ ਨਿਤ ਨਾਨਕੁ ਪਰਮੇਸਰੁ ਦੇਵਨਹਾਰਾ ॥੨॥੨੦॥ {ਪੰਨਾ 532}

ਪਦਅਰਥ:- ਪ੍ਰਭ—ਹੇ ਪ੍ਰਭੂ! ਪੇਖਉ—ਪੇਖਉਂ, ਮੈਂ ਵੇਖਦਾ ਰਹਾਂ । ਧਾਰੁ—ਧਾਰਉਂ, ਮੈਂ ਧਰਾਂ । ਰੈਨੀ—ਰਾਤ । ਜੀਅ ਤੇ—ਜਿੰਦ ਨਾਲੋਂ ।੧।ਰਹਾਉ।

ਅਵਿਲੋਕੇ—ਮੈਂ ਵੇਖ ਲਏ ਹਨ । ਦੀਨਾਨਾਥ—ਹੇ ਦੀਨਾਂ ਦੇ ਨਾਥ! ਪ੍ਰਾਨਪਤਿ—ਹੇ ਜਿੰਦ ਦੇ ਮਾਲਕ! ਭਵਜਲ—ਸੰਸਾਰ-ਸਮੁੰਦਰ । ਉਧਰਨਹਾਰਾ—ਬਚਾਣ ਦੀ ਸਮਰਥਾ ਵਾਲਾ ।੧।

ਜੁਗਾਦਿ—ਜੁਗਾਂ ਦੇ ਸ਼ੁਰੂ ਤੋਂ । ਤਾਕੀ—ਤੱਕੀ ਹੈ । ਬਿਖੈ—ਵਿਸ਼ਿਆਂ ਵਿਚ । ਅਧਾਰਾ—ਓਟ । ਬਾਛੈ—ਮੰਗਦਾ ਹੈ । ਦੇਵਨਹਾਰਾ—ਦੇਣ-ਜੋਗਾ ।੨।

ਅਰਥ:- ਹੇ ਪ੍ਰਭੂ ਜੀ! (ਮੇਹਰ ਕਰ) ਮੈਂ (ਸਦਾ) ਤੇਰਾ ਦਰਸਨ ਕਰਦਾ ਰਹਾਂ । ਦਿਨ ਰਾਤ ਮੈਂ ਤੇਰੇ ਸੋਹਣੇ ਸਰੂਪ ਦਾ ਧਿਆਨ ਧਰਦਾ ਰਹਾਂ । ਤੇਰਾ ਦਰਸਨ ਮੈਨੂੰ ਆਪਣੀ ਜਿੰਦ ਨਾਲੋਂ ਪ੍ਰਾਣਾਂ ਨਾਲੋਂ ਪਿਆਰਾ ਲੱਗੇ ।੧।ਰਹਾਉ।

ਹੇ ਦੀਨਾਂ ਦੇ ਨਾਥ! ਹੇ ਮੇਰੀ ਜਿੰਦ ਦੇ ਮਾਲਕ! ਹੇ ਸਰਬ-ਵਿਆਪਕ! ਮੈਂ ਸ਼ਾਸਤ੍ਰ ਵੇਦ ਪੁਰਾਣ ਵੇਖ ਚੁਕਾ ਹਾਂ, ਮੈਂ ਸਿਮ੍ਰਿਤੀਆਂ ਦਾ ਤੱਤ ਭੀ ਵਿਚਾਰ ਚੁਕਾ ਹਾਂ । ਸਿਰਫ਼ ਤੂੰ ਹੀ ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਦੀ ਤਾਕਤ ਰੱਖਦਾ ਹੈਂ ।੧।

ਹੇ ਪ੍ਰਭੂ ਜੀ! ਤੇਰੇ ਭਗਤ ਜਨ ਤੇਰੇ ਸੇਵਕ ਆਦਿ ਤੋਂ ਜੁਗਾਂ ਦੇ ਆਦਿ ਤੋਂ ਵਿਸ਼ੇ-ਵਿਕਾਰਾਂ ਤੋਂ ਬਚਣ ਲਈ ਤੇਰਾ ਹੀ ਆਸਰਾ ਤੱਕਦੇ ਆ ਰਹੇ ਹਨ । ਨਾਨਕ ਉਹਨਾਂ ਭਗਤ ਜਨਾਂ ਦੇ ਪੈਰਾਂ ਦੀ ਖ਼ਾਕ (ਤੈਥੋਂ) ਮੰਗਦਾ ਹੈ, ਤੂੰ ਪਰਮੇਸਰ (ਸਭ ਤੋਂ ਵੱਡਾ ਮਾਲਕ) ਹੀ ਇਹ ਦਾਤਿ ਦੇਣ ਦੀ ਸਮਰਥਾ ਰੱਖਣ ਵਾਲਾ ਹੈਂ ।੨।੨੦।

ਦੇਵਗੰਧਾਰੀ ਮਹਲਾ ੫ ॥ ਤੇਰਾ ਜਨੁ ਰਾਮ ਰਸਾਇਣਿ ਮਾਤਾ ॥ ਪ੍ਰੇਮ ਰਸਾ ਨਿਧਿ ਜਾ ਕਉ ਉਪਜੀ ਛੋਡਿ ਨ ਕਤਹੂ ਜਾਤਾ ॥੧॥ ਰਹਾਉ ॥ ਬੈਠਤ ਹਰਿ ਹਰਿ ਸੋਵਤ ਹਰਿ ਹਰਿ ਹਰਿ ਰਸੁ ਭੋਜਨੁ ਖਾਤਾ ॥ ਅਠਸਠਿ ਤੀਰਥ ਮਜਨੁ ਕੀਨੋ ਸਾਧੂ ਧੂਰੀ ਨਾਤਾ ॥੧॥ ਸਫਲੁ ਜਨਮੁ ਹਰਿ ਜਨ ਕਾ ਉਪਜਿਆ ਜਿਨਿ ਕੀਨੋ ਸਉਤੁ ਬਿਧਾਤਾ ॥ ਸਗਲ ਸਮੂਹ ਲੈ ਉਧਰੇ ਨਾਨਕ ਪੂਰਨ ਬ੍ਰਹਮੁ ਪਛਾਤਾ ॥੨॥੨੧॥ {ਪੰਨਾ 532}

ਪਦਅਰਥ:- ਜਨੁ—ਸੇਵਕ, ਭਗਤ । ਰਸਾਇਣਿ—ਰਸਾਇਣ ਵਿਚ । ਰਸਾਇਣ—{rs-AXn—ਰਸਾਂ ਦਾ ਘਰ} ਉਹ ਦਵਾਈ ਜੋ ਉਮਰ ਲੰਮੀ ਕਰੇ ਤੇ ਬੁਢੇਪਾ ਨਾਹ ਆਉਣ ਦੇਵੇ । ਮਾਤਾ—ਮਸਤ । ਨਿਧਿ—ਖ਼ਜ਼ਾਨਾ । ਜਾ ਕਉ—ਜਿਸ ਮਨੁੱਖ ਨੂੰ । ਕਤ ਹੂੰ—ਕਿਤੇ ਭੀ ।੧।ਰਹਾਉ।

ਅਠਸਠਿ—ਅਠਾਹਠ । ਮਜਨੁ—ਇਸ਼ਨਾਨ । ਸਾਧੂ ਧੂਰੀ—ਸੰਤ ਜਨਾਂ ਦੇ ਚਰਨਾਂ ਦੀ ਧੂੜ ਵਿਚ । ਨਾਤਾ—ਨ੍ਹਾਤਾ, ਇਸ਼ਨਾਨ ਕਰ ਲਿਆ ।੧।

ਸਫਲੁ—ਕਾਮਯਾਬ । ਉਪਜਿਆ—ਹੋ ਪਿਆ । ਜਿਨਿ—ਜਿਸ (ਹਰਿ-ਜਨ) ਨੇ । ਸਉਤੁ—{s-p|>} ਸਉਤ੍ਰਾ, ਪੁੱਤਰ ਵਾਲਾ {ਇਸ ਦੇ ਟਾਕਰੇ ਤੇ ਹੈ ਅਉਤ੍ਰਾ, A-p|>, ਪੁਤ੍ਰ ਹੀਨ} । ਸਗਲ ਸਮੂਹ—ਸਾਰੇ ਸਾਥਾਂ ਨੂੰ । ਲੈ—ਨਾਲ ਲੈ ਕੇ । ਉਧਰੇ—ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦਾ ਹੈ । ਬਿਧਾਤਾ—ਕਰਤਾਰ ।੨।

ਅਰਥ:- ਹੇ ਪ੍ਰਭੂ! ਤੇਰਾ ਭਗਤ ਤੇਰੇ ਨਾਮ ਦੀ ਰਸਾਇਣ ਵਿਚ ਮਸਤ ਰਹਿੰਦਾ ਹੈ । ਜਿਸ ਮਨੁੱਖ ਨੂੰ ਤੇਰੇ ਪ੍ਰੇਮ-ਰਸ ਦਾ ਖ਼ਜ਼ਾਨਾ ਮਿਲ ਜਾਏ, ਉਹ ਉਸ ਖ਼ਜ਼ਾਨੇ ਨੂੰ ਛੱਡ ਕੇ ਕਿਸੇ ਹੋਰ ਥਾਂ ਨਹੀਂ ਜਾਂਦਾ (ਭਟਕਦਾ) ।੧।ਰਹਾਉ।

(ਹੇ ਭਾਈ! ਪ੍ਰਭੂ ਦੇ ਨਾਮ-ਰਸਾਇਣ ਵਿਚ ਮਸਤ ਮਨੁੱਖ) ਬੈਠਿਆਂ ਹਰਿ-ਨਾਮ ਉਚਾਰਦਾ ਹੈ, ਸੁੱਤਿਆਂ ਭੀ ਹਰਿ-ਨਾਮ ਵਿਚ ਸੁਰਤਿ ਰੱਖਦਾ ਹੈ, ਉਹ ਮਨੁੱਖ ਹਰਿ-ਨਾਮ-ਰਸ (ਨੂੰ ਆਤਮਕ ਜੀਵਨ ਦੀ) ਖ਼ੁਰਾਕ (ਬਣਾ ਕੇ) ਖਾਂਦਾ ਰਹਿੰਦਾ ਹੈ । ਉਹ ਮਨੁੱਖ ਸੰਤ ਜਨਾਂ ਦੀ ਚਰਨ-ਧੂੜ ਵਿਚ ਇਸ਼ਨਾਨ ਕਰਦਾ ਹੈ (ਮਾਨੋ,) ਉਹ ਅਠਾਹਠ ਤੀਰਥਾਂ ਦਾ ਇਸ਼ਨਾਨ ਕਰ ਰਿਹਾ ਹੈ ।੧।

ਹੇ ਭਾਈ! ਪਰਮਾਤਮਾ ਦੇ ਭਗਤ ਦਾ ਜੀਵਨ ਕਾਮਯਾਬ ਹੋ ਪੈਂਦਾ ਹੈ, ਉਸ ਭਗਤ-ਜਨ ਨੇ (ਮਾਨੋ) ਪਰਮਾਤਮਾ ਨੂੰ ਸਪੁੱਤ੍ਰਾ ਬਣਾ ਦਿੱਤਾ । ਹੇ ਨਾਨਕ! ਉਹ ਮਨੁੱਖ ਸਰਬ-ਵਿਆਪਕ ਪ੍ਰਭੂ ਨਾਲ ਡੂੰਘੀ ਸਾਂਝ ਬਣਾ ਲੈਂਦਾ ਹੈ, ਉਹ ਆਪਣੇ ਹੋਰ ਸਾਰੇ ਹੀ ਸਾਥੀਆਂ ਨੂੰ ਭੀ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦਾ ਹੈ ।੨।੨੧।

ਦੇਵਗੰਧਾਰੀ ਮਹਲਾ ੫ ॥ ਮਾਈ ਗੁਰ ਬਿਨੁ ਗਿਆਨੁ ਨ ਪਾਈਐ ॥ ਅਨਿਕ ਪ੍ਰਕਾਰ ਫਿਰਤ ਬਿਲਲਾਤੇ ਮਿਲਤ ਨਹੀ ਗੋਸਾਈਐ ॥੧॥ ਰਹਾਉ ॥ ਮੋਹ ਰੋਗ ਸੋਗ ਤਨੁ ਬਾਧਿਓ ਬਹੁ ਜੋਨੀ ਭਰਮਾਈਐ ॥ ਟਿਕਨੁ ਨ ਪਾਵੈ ਬਿਨੁ ਸਤਸੰਗਤਿ ਕਿਸੁ ਆਗੈ ਜਾਇ ਰੂਆਈਐ ॥੧॥ ਕਰੈ ਅਨੁਗ੍ਰਹੁ ਸੁਆਮੀ ਮੇਰਾ ਸਾਧ ਚਰਨ ਚਿਤੁ ਲਾਈਐ ॥ ਸੰਕਟ ਘੋਰ ਕਟੇ ਖਿਨ ਭੀਤਰਿ ਨਾਨਕ ਹਰਿ ਦਰਸਿ ਸਮਾਈਐ ॥੨॥੨੨॥ {ਪੰਨਾ 532}

ਪਦਅਰਥ:- ਮਾਈ—ਹੇ ਮਾਂ! ਗਿਆਨੁ—ਆਤਮਕ ਜੀਵਨ ਦੀ ਸੂਝ, ਪਰਮਾਤਮਾ ਨਾਲ ਡੂੰਘੀ ਸਾਂਝ । ਅਨਿਕ ਪ੍ਰਕਾਰ—ਕਈ ਤਰ੍ਹਾਂ । ਬਿਲਲਾਤੇ—ਵਿਲਕਦੇ । ਗੋਸਾਈਐ—{ਗੋ-ਧਰਤੀ} ਸ੍ਰਿਸ਼ਟੀ ਦੇ ਮਾਲਕ ਪ੍ਰਭੂ ਨੂੰ ।੧।ਰਹਾਉ।

ਬਾਧਿਓ—ਬੱਝਾ ਰਹਿੰਦਾ ਹੈ, ਜਕੜਿਆ ਰਹਿੰਦਾ ਹੈ । ਭਰਮਾਈਐ—ਭਟਕਦੇ ਫਿਰੀਦਾ ਹੈ । ਜਾਇ—ਜਾ ਕੇ । ਰੂਆਈਐ—ਪੁਕਾਰ ਕੀਤੀ ਜਾਏ ।੧।

ਅਨੁਗ੍ਰਹੁ—ਕਿਰਪਾ । ਸਾਧ—ਗੁਰੂ । ਸੰਕਟ—ਦੁੱਖ । ਘੋਰ—ਭਿਆਨਕ । ਖਿਨ ਭੀਤਰਿ—ਖਿਨ ਵਿਚ । ਦਰਸਿ—ਦਰਸਨ ਵਿਚ । ਸਮਾਈਐ—ਲੀਨ ਹੋ ਜਾਈਦਾ ਹੈ ।੨।

ਅਰਥ:- ਹੇ (ਮੇਰੀ) ਮਾਂ! ਗੁਰੂ (ਦੀ ਸਰਨ ਪੈਣ) ਤੋਂ ਬਿਨਾ ਪਰਮਾਤਮਾ ਨਾਲ ਡੂੰਘੀ ਸਾਂਝ ਨਹੀਂ ਪੈ ਸਕਦੀ । ਹੋਰ ਹੋਰ ਅਨੇਕਾਂ ਕਿਸਮਾਂ ਦੇ ਉੱਦਮ ਕਰਦੇ ਲੋਕ ਭਟਕਦੇ ਫਿਰਦੇ ਹਨ, ਪਰ (ਉਹਨਾਂ ਉੱਦਮਾਂ ਨਾਲ) ਉਹ ਪਰਮਾਤਮਾ ਨੂੰ ਨਹੀਂ ਮਿਲ ਸਕਦੇ ।੧।ਰਹਾਉ।

(ਹੇ ਮਾਂ! ਗੁਰੂ ਦੀ ਸਰਨ ਤੋਂ ਬਿਨਾ ਮਨੁੱਖ ਦਾ) ਸਰੀਰ (ਮਾਇਆ ਦੇ) ਮੋਹ (ਸਰੀਰਕ) ਰੋਗਾਂ ਅਤੇ ਗ਼ਮਾਂ ਨਾਲ ਜਕੜਿਆ ਰਹਿੰਦਾ ਹੈ, ਅਨੇਕਾਂ ਜੂਨਾਂ ਵਿਚ ਭਟਕਦੇ ਫਿਰੀਦਾ ਹੈ । ਸਾਧ ਸੰਗਤਿ (ਦੀ ਸਰਨ) ਤੋਂ ਬਿਨਾ (ਜੂਨਾਂ ਦੇ ਗੇੜ ਤੋਂ) ਟਿਕਾਣਾ ਨਹੀਂ ਹਾਸਲ ਕਰ ਸਕਦਾ । (ਗੁਰੂ ਤੋਂ ਬਿਨਾ) ਕਿਸੇ ਹੋਰ ਪਾਸ (ਇਸ ਦੁੱਖ ਦੀ ਨਵਿਰਤੀ ਵਾਸਤੇ) ਫਰਿਆਦ ਭੀ ਨਹੀਂ ਕੀਤੀ ਜਾ ਸਕਦੀ ।੧।

ਹੇ ਮਾਂ! ਜਦੋਂ ਮੇਰਾ ਮਾਲਕ-ਪ੍ਰਭੂ ਮੇਹਰ ਕਰਦਾ ਹੈ, ਤਦੋਂ ਗੁਰੂ ਦੇ ਚਰਨਾਂ ਵਿਚ ਚਿੱਤ ਜੋੜ ਸਕੀਦਾ ਹੈ । ਹੇ ਨਾਨਕ! (ਗੁਰੂ ਦੀ ਕਿਰਪਾ ਨਾਲ) ਭਿਆਨਕ ਦੁੱਖ ਇਕ ਖਿਨ ਵਿਚ ਕੱਟੇ ਜਾਂਦੇ ਹਨ, ਤੇ, ਪਰਮਾਤਮਾ ਦੇ ਦੀਦਾਰ ਵਿਚ ਲੀਨ ਹੋ ਜਾਈਦਾ ਹੈ ।੨।੨੨।

ਦੇਵਗੰਧਾਰੀ ਮਹਲਾ ੫ ॥ ਠਾਕੁਰ ਹੋਏ ਆਪਿ ਦਇਆਲ ॥ ਭਈ ਕਲਿਆਣ ਅਨੰਦ ਰੂਪ ਹੋਈ ਹੈ ਉਬਰੇ ਬਾਲ ਗੁਪਾਲ ॥ ਰਹਾਉ ॥ ਦੁਇ ਕਰ ਜੋੜਿ ਕਰੀ ਬੇਨੰਤੀ ਪਾਰਬ੍ਰਹਮੁ ਮਨਿ ਧਿਆਇਆ ॥ ਹਾਥੁ ਦੇਇ ਰਾਖੇ ਪਰਮੇਸੁਰਿ ਸਗਲਾ ਦੁਰਤੁ ਮਿਟਾਇਆ ॥੧॥ ਵਰ ਨਾਰੀ ਮਿਲਿ ਮੰਗਲੁ ਗਾਇਆ ਠਾਕੁਰ ਕਾ ਜੈਕਾਰੁ ॥ ਕਹੁ ਨਾਨਕ ਜਨ ਕਉ ਬਲਿ ਜਾਈਐ ਜੋ ਸਭਨਾ ਕਰੇ ਉਧਾਰੁ ॥੨॥੨੩॥ {ਪੰਨਾ 532}

ਪਦਅਰਥ:- ਠਾਕੁਰ—ਮਾਲਕ-ਪ੍ਰਭੂ ਜੀ । ਦਇਆਲ—ਦਇਆਵਾਨ । ਕਲਿਆਣ—ਸੁਖ, ਸ਼ਾਂਤੀ । ਅਨੰਦ-ਰੂਪ—ਆਨੰਦ-ਭਰਪੂਰ । ਹੋਈ ਹੈ—ਹੋ ਜਾਈਦਾ ਹੈ । ਉਬਰੇ—(ਸੰਸਾਰ-ਸਮੁੰਦਰ ਵਿਚ ਡੁੱਬਣੋਂ) ਬਚ ਜਾਂਦੇ ਹਨ । ਬਾਲ ਗੁਪਾਲ—ਸ੍ਰਿਸ਼ਟੀ ਦੇ ਪਾਲਣਹਾਰ-ਪਿਤਾ ਦਾ ਪੱਲਾ ਫੜਨ ਵਾਲੇ ਬੱਚੇ ।ਰਹਾਉ।

ਕਰ—{ਬਹੁ-ਵਚਨ} ਹੱਥ । ਜੋੜਿ—ਜੋੜ ਕੇ । ਮਨਿ—ਮਨ ਵਿਚ । ਪਰਮੇਸੁਰਿ—ਪਰਮੇਸਰ ਨੇ । ਦੁਰਤਿ—{dirq} ਪਾਪ ।੧।

ਵਰ ਨਾਰੀ ਮਿਲਿ—ਨਾਰੀਆਂ ਵਰ ਨੂੰ ਮਿਲ ਕੇ, ਗਿਆਨ-ਇੰਦ੍ਰੇ ਪ੍ਰਭੂ-ਪਤੀ ਨੂੰ ਮਿਲ ਕੇ । ਮੰਗਲੁ—ਖ਼ੁਸ਼ੀ ਦਾ ਗੀਤ, ਸਿਫ਼ਤਿ-ਸਾਲਾਹ ਦਾ ਗੀਤ । ਜੈਕਾਰੁ—ਜੈ ਜੈ ਦਾ ਸੋਹਿਲਾ । ਜਨ ਕਉ—ਪ੍ਰਭੂ ਦੇ ਸੇਵਕ ਤੋਂ । ਉਧਾਰ—ਪਾਰ-ਉਤਾਰਾ ।੨।

ਅਰਥ:- ਹੇ ਭਾਈ! ਆਪਣੇ ਜਿਸ ਸੇਵਕ ਉੱਤੇ ਪ੍ਰਭੂ ਜੀ ਦਇਆਵਾਨ ਹੁੰਦੇ ਹਨ, ਉਸ ਦੇ ਅੰਦਰ ਪੂਰਨ ਸ਼ਾਂਤੀ ਪੈਦਾ ਹੋ ਜਾਂਦੀ ਹੈ । ਪ੍ਰਭੂ ਦੀ ਕਿਰਪਾ ਨਾਲ ਆਨੰਦ-ਭਰਪੂਰ ਹੋ ਜਾਈਦਾ ਹੈ । ਸ੍ਰਿਸ਼ਟੀ ਦੇ ਪਾਲਣਹਾਰ-ਪਿਤਾ ਦਾ ਪੱਲਾ ਫੜਨ ਵਾਲੇ ਬੱਚੇ (ਸੰਸਾਰ-ਸਮੁੰਦਰ ਵਿਚ ਡੁੱਬਣੋਂ) ਬਚ ਜਾਂਦੇ ਹਨ ।ਰਹਾਉ।

ਹੇ ਭਾਈ! ਜਿਨ੍ਹਾਂ ਵਡ-ਭਾਗੀਆਂ ਨੇ ਆਪਣੇ ਦੋਵੇਂ ਹੱਥ ਜੋੜ ਕੇ ਪਰਮਾਤਮਾ ਅੱਗੇ ਅਰਜ਼ੋਈ ਕੀਤੀ, ਪਰਮਾਤਮਾ ਨੂੰ ਆਪਣੇ ਮਨ ਵਿਚ ਆਰਾਧਿਆ, ਪਰਮਾਤਮਾ ਨੇ ਆਪਣਾ ਹੱਥ ਦੇ ਕੇ ਉਹਨਾਂ ਨੂੰ (ਸੰਸਾਰ-ਸਮੁੰਦਰ ਵਿਚ ਡੁੱਬਣੋਂ) ਬਚਾ ਲਿਆ, (ਉਹਨਾਂ ਦਾ ਪਿਛਲਾ ਕੀਤਾ) ਸਾਰਾ ਪਾਪ ਦੂਰ ਕਰ ਦਿੱਤਾ ।੩।

(ਹੇ ਭਾਈ ਜਿਸ ਸੇਵਕ ਉੱਤੇ ਪ੍ਰਭੂ ਜੀ ਦਇਆਵਾਨ ਹੋਏ, ਉਸ ਦੇ) ਗਿਆਨ-ਇੰਦ੍ਰਿਆਂ ਨੇ ਪ੍ਰਭੂ-ਪਤੀ ਨੂੰ ਮਿਲ ਕੇ ਪ੍ਰਭੂ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਣਾ ਸ਼ੁਰੂ ਕਰ ਦਿੱਤਾ । ਹੇ ਨਾਨਕ! ਆਖ—ਪ੍ਰਭੂ ਦੇ ਉਸ ਭਗਤ ਤੋਂ ਕੁਰਬਾਨ ਹੋਣਾ ਚਾਹੀਦਾ ਹੈ ਜੇਹੜਾ ਹੋਰ ਸਭ ਜੀਵਾਂ ਦਾ ਭੀ ਪਾਰ-ਉਤਾਰਾ ਕਰ ਲੈਂਦਾ ਹੈ ।੨।੨੩।

ੴ ਸਤਿਗੁਰ ਪ੍ਰਸਾਦਿ ॥ ਦੇਵਗੰਧਾਰੀ ਮਹਲਾ ੫ ॥ ਅਪੁਨੇ ਸਤਿਗੁਰ ਪਹਿ ਬਿਨਉ ਕਹਿਆ ॥ ਭਏ ਕ੍ਰਿਪਾਲ ਦਇਆਲ ਦੁਖ ਭੰਜਨ ਮੇਰਾ ਸਗਲ ਅੰਦੇਸਰਾ ਗਇਆ ॥ ਰਹਾਉ ॥ ਹਮ ਪਾਪੀ ਪਾਖੰਡੀ ਲੋਭੀ ਹਮਰਾ ਗੁਨੁ ਅਵਗੁਨੁ ਸਭੁ ਸਹਿਆ ॥ ਕਰੁ ਮਸਤਕਿ ਧਾਰਿ ਸਾਜਿ ਨਿਵਾਜੇ ਮੁਏ ਦੁਸਟ ਜੋ ਖਇਆ ॥੧॥ ਪਰਉਪਕਾਰੀ ਸਰਬ ਸਧਾਰੀ ਸਫਲ ਦਰਸਨ ਸਹਜਇਆ ॥ ਕਹੁ ਨਾਨਕ ਨਿਰਗੁਣ ਕਉ ਦਾਤਾ ਚਰਣ ਕਮਲ ਉਰ ਧਰਿਆ ॥੨॥੨੪॥ {ਪੰਨਾ 533}

ਪਦਅਰਥ:- ਪਹਿ—ਪਾਸ । ਬਿਨਉ—{ivnX} ਬੇਨਤੀ । ਦੁਖ ਭੰਜਨ—ਦੁੱਖਾਂ ਦੇ ਨਾਸ ਕਰਨ ਵਾਲੇ ਪ੍ਰਭੂ ਜੀ ।ਰਹਾਉ।

ਸਭੁ—ਸਾਰਾ । ਸਹਿਆ—ਸਹਾਰਿਆ । ਕਰੁ—ਹੱਥ {ਇਕ-ਵਚਨ} । ਮਸਤਕਿ—ਮੱਥੇ ਉੱਤੇ । ਧਾਰਿ—ਰੱਖ ਕੇ । ਸਾਜਿ ਨਿਵਾਜੇ—ਪੈਦਾ ਕਰ ਕੇ ਸਵਾਰਦਾ ਹੈ । ਜੋ—ਜੇਹੜੇ । ਖਇਆ—ਨਾਸ ਕਰਨ ਵਾਲੇ ।੧।

ਸਰਬ ਸਧਾਰੀ—ਸਭ ਜੀਵਾਂ ਨੂੰ ਸਹਾਰਾ ਦੇਣ ਵਾਲਾ । ਸਹਜਇਆ—ਆਤਮਕ ਅਡੋਲਤਾ ਦੇਣ ਵਾਲਾ । ਉਰ—ਹਿਰਦਾ ।੨।

ਅਰਥ:- ਹੇ ਭਾਈ! ਜਦੋਂ ਮੈਂ ਆਪਣੇ ਗੁਰੂ ਪਾਸ ਅਰਜ਼ੋਈ ਕਰਨੀ ਸ਼ੁਰੂ ਕੀਤੀ, ਤਾਂ ਦੁੱਖਾਂ ਦੇ ਨਾਸ ਕਰਨ ਵਾਲੇ ਪਿਆਰੇ ਪ੍ਰਭੂ ਜੀ ਮੇਰੇ ਉੱਤੇ ਦਇਆਵਾਨ ਹੋਏ (ਪ੍ਰਭੂ ਜੀ ਦੀ ਕਿਰਪਾ ਨਾਲ) ਮੇਰਾ ਸਾਰਾ ਚਿੰਤਾ-ਫ਼ਿਕਰ ਦੂਰ ਹੋ ਗਿਆ ।ਰਹਾਉ।

ਹੇ ਭਾਈ! ਅਸੀ ਜੀਵ ਪਾਪੀ ਹਾਂ, ਪਖੰਡੀ ਹਾਂ, ਲੋਭੀ ਹਾਂ (ਪਰਮਾਤਮਾ ਇਤਨਾ ਦਇਆਵਾਨ ਹੈ ਕਿ ਉਹ) ਸਾਡਾ ਹਰੇਕ ਗੁਣ ਔਗੁਣ ਸਹਾਰਦਾ ਹੈ । ਜੀਵਾਂ ਨੂੰ ਪੈਦਾ ਕਰ ਕੇ ਉਹਨਾਂ ਦੇ ਮੱਥੇ ਉਤੇ ਹੱਥ ਰੱਖ ਕੇ ਉਹਨਾਂ ਦੇ ਜੀਵਨ ਸਵਾਰਦਾ ਹੈ (ਜਿਸ ਦੀ ਬਰਕਤਿ ਨਾਲ ਕਾਮਾਦਿਕ) ਵੈਰੀ, ਜੋ ਆਤਮਕ

ਜੀਵਨ ਦਾ ਨਾਸ ਕਰਨ ਵਾਲੇ ਹਨ, ਮੁੱਕ ਜਾਂਦੇ ਹਨ ।੧।

ਹੇ ਭਾਈ! ਪ੍ਰਭੂ ਜੀ ਪਰ-ਉਪਕਾਰੀ ਹਨ, ਸਾਰੇ ਜੀਵਾਂ ਨੂੰ ਆਸਰਾ ਦੇਣ ਵਾਲੇ ਹਨ, ਪ੍ਰਭੂ ਦਾ ਦੀਦਾਰ ਮਨੁੱਖਾ ਜੀਵਨ ਦਾ ਫਲ ਦੇਣ ਵਾਲਾ ਹੈ, ਆਤਮਕ ਅਡੋਲਤਾ ਦੀ ਦਾਤਿ ਕਰਨ ਵਾਲਾ ਹੈ ।

ਹੇ ਨਾਨਕ: ਆਖ—ਪ੍ਰਭੂ ਗੁਣ-ਹੀਨ ਜੀਵਾਂ ਨੂੰ ਭੀ ਦਾਤਾਂ ਦੇਣ ਵਾਲਾ ਹੈ । ਮੈਂ ਉਸ ਦੇ ਸੋਹਣੇ ਕੋਮਲ ਚਰਨ (ਗੁਰੂ ਦੀ ਕਿਰਪਾ ਨਾਲ ਆਪਣੇ) ਹਿਰਦੇ ਵਿਚ ਟਿਕਾ ਲਏ ਹਨ ।੨।੨੪।

ਦੇਵਗੰਧਾਰੀ ਮਹਲਾ ੫ ॥ ਅਨਾਥ ਨਾਥ ਪ੍ਰਭ ਹਮਾਰੇ ॥ ਸਰਨਿ ਆਇਓ ਰਾਖਨਹਾਰੇ ॥ ਰਹਾਉ ॥ ਸਰਬ ਪਾਖ ਰਾਖੁ ਮੁਰਾਰੇ ॥ ਆਗੈ ਪਾਛੈ ਅੰਤੀ ਵਾਰੇ ॥੧॥ ਜਬ ਚਿਤਵਉ ਤਬ ਤੁਹਾਰੇ ॥ ਉਨ ਸਮ੍ਹਾਰਿ ਮੇਰਾ ਮਨੁ ਸਧਾਰੇ ॥੨॥ ਸੁਨਿ ਗਾਵਉ ਗੁਰ ਬਚਨਾਰੇ ॥ ਬਲਿ ਬਲਿ ਜਾਉ ਸਾਧ ਦਰਸਾਰੇ ॥੩॥ ਮਨ ਮਹਿ ਰਾਖਉ ਏਕ ਅਸਾਰੇ ॥ ਨਾਨਕ ਪ੍ਰਭ ਮੇਰੇ ਕਰਨੈਹਾਰੇ ॥੪॥੨੫॥ {ਪੰਨਾ 533}

ਪਦਅਰਥ:- ਅਨਾਥ ਨਾਥ—ਹੇ ਨਿਖਸਮਿਆਂ ਦੇ ਖਸਮ! ਰਾਖਨਹਾਰੇ—ਹੇ ਸਹਾਇਤਾ ਕਰਨ ਦੇ ਸਮਰੱਥ ਪ੍ਰਭੂ! ।ਰਹਾਉ।

ਸਰਬ ਪਾਖ—ਸਾਰੇ ਪੱਖ । ਮੁਰਾਰੇ—ਹੇ ਮੁਰਾਰੀ! ਆਗੈ—ਪਰਲੋਕ ਵਿਚ । ਪਾਛੈ ਇਸ ਲੋਕ ਵਿਚ ।੧।

ਚਿਤਵਉ—ਚਿਤਵਉਂ, ਮੈਂ ਚੇਤੇ ਕਰਦਾ ਹਾਂ । ਉਨ ਸਮ੍ਹਾਰਿ—(ਤੇਰੇ) ਉਹਨਾਂ (ਗੁਣਾਂ) ਨੂੰ ਚੇਤੇ ਕਰ ਕੇ । ਸਧਾਰੇ—ਸਹਾਰਾ ਫੜਦਾ ਹੈ ।੨।

ਸੁਨਿ—ਸੁਣ ਕੇ । ਗਾਵਉ—ਗਾਵਉਂ, ਮੈਂ ਗਾਂਦਾ ਹਾਂ । ਜਾਉ—ਜਾਉਂ, ਮੈਂ ਜਾਂਦਾ ਹਾਂ । ਬਲਿ—ਕੁਰਬਾਨ । ਸਾਧ—ਗੁਰੂ ।੩।

ਰਾਖਉ—ਰਾਖਉਂ, ਮੈਂ ਰੱਖਦਾ ਹਾਂ । ਅਸਾਰੇ—ਆਸ । ਕਰਨੈਹਾਰੇ—ਹੇ ਕਰਤਾਰ! ।੪।

ਅਰਥ:- ਹੇ ਅਨਾਥਾਂ ਦੇ ਨਾਥ! ਹੇ ਮੇਰੇ ਰੱਖਣ ਹਾਰ ਪ੍ਰਭੂ! ਮੈਂ ਤੇਰੀ ਸਰਨ ਆਇਆ ਹਾਂ ।ਰਹਾਉ।

ਹੇ ਮੁਰਾਰੀ! ਪਰਲੋਕ ਵਿਚ, ਇਸ ਲੋਕ ਵਿਚ, ਅਖ਼ੀਰਲੇ ਵੇਲੇ—ਹਰ ਥਾਂ ਮੇਰੀ ਸਹਾਇਤਾ ਕਰ ।੧।

ਹੇ ਪ੍ਰਭੂ! ਮੈਂ ਜਦੋਂ ਭੀ ਚੇਤੇ ਕਰਦਾ ਹਾਂ ਤਦੋਂ ਤੇਰੇ ਗੁਣ ਹੀ ਚੇਤੇ ਕਰਦਾ ਹਾਂ । (ਤੇਰੇ) ਉਹਨਾਂ (ਗੁਣਾਂ) ਨੂੰ ਚੇਤੇ ਕਰ ਕੇ ਮੇਰਾ ਮਨ ਧੀਰਜ ਫੜਦਾ ਹੈ ।੨।

ਹੇ ਪ੍ਰਭੂ! ਮੈਂ ਗੁਰੂ ਦੇ ਦੀਦਾਰ ਤੋਂ ਕੁਰਬਾਨ ਜਾਂਦਾ ਹਾਂ, ਸਦਕੇ ਜਾਂਦਾ ਹਾਂ । ਗੁਰੂ ਦੇ ਬਚਨ ਸੁਣ ਕੇ ਹੀ (ਹੇ ਪ੍ਰਭੂ!) ਮੈਂ (ਤੇਰੀ ਸਿਫ਼ਤਿ-ਸਾਲਾਹ ਦੇ ਗੀਤ) ਗਾਂਦਾ ਹਾਂ ।੩।

ਹੇ ਨਾਨਕ! (ਆਖ—) ਹੇ ਪ੍ਰਭੂ! ਹੇ ਮੇਰੇ ਕਰਤਾਰ! ਮੈਂ ਆਪਣੇ ਮਨ ਵਿਚ ਸਿਰਫ਼ ਤੇਰੀ ਹੀ ਸਹਾਇਤਾ ਦੀ ਆਸ ਰੱਖਦਾ ਹਾਂ ।੪।੨੫।

ਦੇਵਗੰਧਾਰੀ ਮਹਲਾ ੫ ॥ ਪ੍ਰਭ ਇਹੈ ਮਨੋਰਥੁ ਮੇਰਾ ॥ ਕ੍ਰਿਪਾ ਨਿਧਾਨ ਦਇਆਲ ਮੋਹਿ ਦੀਜੈ ਕਰਿ ਸੰਤਨ ਕਾ ਚੇਰਾ ॥ ਰਹਾਉ ॥ ਪ੍ਰਾਤਹਕਾਲ ਲਾਗਉ ਜਨ ਚਰਨੀ ਨਿਸ ਬਾਸੁਰ ਦਰਸੁ

ਪਾਵਉ ॥ ਤਨੁ ਮਨੁ ਅਰਪਿ ਕਰਉ ਜਨ ਸੇਵਾ ਰਸਨਾ ਹਰਿ ਗੁਨ ਗਾਵਉ ॥੧॥ ਸਾਸਿ ਸਾਸਿ ਸਿਮਰਉ ਪ੍ਰਭੁ ਅਪੁਨਾ ਸੰਤਸੰਗਿ ਨਿਤ ਰਹੀਐ ॥ ਏਕੁ ਅਧਾਰੁ ਨਾਮੁ ਧਨੁ ਮੋਰਾ ਅਨਦੁ ਨਾਨਕ ਇਹੁ ਲਹੀਐ ॥੨॥੨੬॥ {ਪੰਨਾ 533}

ਪਦਅਰਥ:- ਮਨੋਰਥੁ—ਮਨ ਦੀ ਤਾਂਘ । ਕ੍ਰਿਪਾ ਨਿਧਾਨ—ਹੇ ਕਿਰਪਾ ਦੇ ਖ਼ਜ਼ਾਨੇ! ਮੋਹਿ—ਮੈਨੂੰ । ਦੀਜੈ—ਦੇਹ । ਚੇਰਾ—ਦਾਸ ।ਰਹਾਉ।

ਪ੍ਰਾਤਹਕਾਲ—ਸਵੇਰ-ਸਾਰ, ਸਵੇਰੇ ਹੀ । ਲਾਗਉ—ਲਾਗਉਂ, ਮੈਂ ਲੱਗਾਂ । ਨਿਸ—ਰਾਤ । ਬਾਸੁਰ—ਦਿਨ । ਪਾਵਉ—ਪਾਵਉਂ । ਅਰਪਿ—ਭੇਟਾ ਕਰ ਕੇ । ਕਰਉ—ਕਰਉਂ । ਰਸਨਾ—ਜੀਭ (ਨਾਲ) । ਗਾਵਉ—ਗਾਵਉਂ ।੧।

ਸਾਸਿ ਸਾਸਿ—ਹਰੇਕ ਸਾਹ ਦੇ ਨਾਲ । ਸਿਮਰਉ—ਸਿਮਰਉਂ । ਸੰਗਿ—ਸੰਗਤਿ ਵਿਚ । ਰਹੀਐ—ਰਹਿਣਾ ਚਾਹੀਦਾ ਹੈ । ਅਧਾਰੁ—ਆਸਰਾ । ਮੋਰਾ—ਮੇਰਾ । ਲਹੀਐ—ਲੈਣਾ ਚਾਹੀਦਾ ਹੈ ।੨।

ਅਰਥ:- ਹੇ ਕਿਰਪਾ ਦੇ ਖ਼ਜ਼ਾਨੇ ਪ੍ਰਭੂ! ਹੇ ਦਇਆਲ ਪ੍ਰਭੂ! ਮੇਰੇ ਮਨ ਦੀ ਇਹੀ ਤਾਂਘ ਹੈ ਕਿ ਮੈਨੂੰ ਇਹ ਦਾਨ ਦੇਹ ਜੁ ਮੈਨੂੰ ਆਪਣੇ ਸੰਤ ਜਨਾਂ ਦਾ ਸੇਵਕ ਬਣਾਈ ਰੱਖੋ ।ਰਹਾਉ।

ਹੇ ਪ੍ਰਭੂ! ਸਵੇਰੇ (ਉੱਠ ਕੇ) ਮੈਂ ਤੇਰੇ ਸੰਤ ਜਨਾਂ ਦੀ ਚਰਨੀਂ ਲੱਗਾਂ, ਦਿਨ ਰਾਤ ਮੈਂ ਤੇਰੇ ਸੰਤ ਜਨਾਂ ਦਾ ਦਰਸ਼ਨ ਕਰਦਾ ਰਹਾਂ । ਆਪਣਾ ਸਰੀਰ ਆਪਣਾ ਮਨ ਭੇਟਾ ਕਰ ਕੇ ਮੈਂ (ਸਦਾ) ਸੰਤ ਜਨਾਂ ਦੀ ਸੇਵਾ ਕਰਦਾ ਰਹਾਂ, ਤੇ ਆਪਣੀ ਜੀਭ ਨਾਲ ਮੈਂ ਹਰੀ-ਗੁਣ ਗਾਂਦਾ ਰਹਾਂ ।੧।

(ਹੇ ਭਾਈ! ਮੇਰੀ ਤਾਂਘ ਹੈ ਕਿ) ਮੈਂ ਹਰੇਕ ਸਾਹ ਦੇ ਨਾਲ ਆਪਣੇ ਪ੍ਰਭੂ ਦਾ ਸਿਮਰਨ ਕਰਦਾ ਰਹਾਂ । ਹੇ ਭਾਈ! ਸਦਾ ਸੰਤਾਂ ਦੀ ਸੰਗਤਿ ਵਿਚ ਟਿਕੇ ਰਹਿਣਾ ਚਾਹੀਦਾ ਹੈ । ਹੇ ਨਾਨਕ! (ਆਖ—ਮੇਰੀ ਤਾਂਘ ਹੈ ਕਿ) ਸਿਰਫ਼ ਪਰਮਾਤਮਾ ਦਾ ਨਾਮ-ਧਨ ਹੀ ਮੇਰਾ ਜੀਵਨ-ਆਸਰਾ ਬਣਿਆ ਰਹੇ । (ਹੇ ਭਾਈ! ਨਾਮ-ਸਿਮਰਨ ਦਾ) ਇਹ ਆਨੰਦ (ਸਦਾ) ਮਾਣਦੇ ਰਹਿਣਾ ਚਾਹੀਦਾ ਹੈ ।੨।੨੬।

ਰਾਗੁ ਦੇਵਗੰਧਾਰੀ ਮਹਲਾ ੫ ਘਰੁ ੩ ੴ ਸਤਿਗੁਰ ਪ੍ਰਸਾਦਿ ॥ ਮੀਤਾ ਐਸੇ ਹਰਿ ਜੀਉ ਪਾਏ ॥ ਛੋਡਿ ਨ ਜਾਈ ਸਦ ਹੀ ਸੰਗੇ ਅਨਦਿਨੁ ਗੁਰ ਮਿਲਿ ਗਾਏ ॥੧॥ ਰਹਾਉ ॥ ਮਿਲਿਓ ਮਨੋਹਰੁ ਸਰਬ ਸੁਖੈਨਾ ਤਿਆਗਿ ਨ ਕਤਹੂ ਜਾਏ ॥ ਅਨਿਕ ਅਨਿਕ ਭਾਤਿ ਬਹੁ ਪੇਖੇ ਪ੍ਰਿਅ ਰੋਮ ਨ ਸਮਸਰਿ ਲਾਏ ॥੧॥ ਮੰਦਰਿ ਭਾਗੁ ਸੋਭ ਦੁਆਰੈ ਅਨਹਤ ਰੁਣੁ ਝੁਣੁ ਲਾਏ ॥ ਕਹੁ ਨਾਨਕ ਸਦਾ ਰੰਗੁ ਮਾਣੇ ਗ੍ਰਿਹ ਪ੍ਰਿਅ ਥੀਤੇ ਸਦ ਥਾਏ ॥੨॥੧॥੨੭॥ {ਪੰਨਾ 533}

ਪਦਅਰਥ:- ਐਸੇ ਮੀਤਾ—ਅਜੇਹੇ ਮਿੱਤਰ । ਪਾਏ—ਲੱਭ ਲਏ ਹਨ । ਛੋਡਿ—ਛੱਡ ਕੇ । ਸਦ—ਸਦਾ । ਸੰਗੇ—ਨਾਲ । ਅਨਦਿਨੁ—ਹਰ ਰੋਜ਼ । ਗੁਰ ਮਿਲਿ—ਗੁਰੂ ਨੂੰ ਮਿਲ ਕੇ ।੧।ਰਹਾਉ।

ਮਨੋਹਰੁ—ਮਨ ਨੂੰ ਮੋਹ ਲੈਣ ਵਾਲਾ ਹਰੀ । ਸੁਖੈਨਾ—{ਸੁਖ—ਅਯਨ । ਅਯਨ—ਘਰ} ਸੁਖਾਂ ਦਾ ਘਰ, ਸੁਖਦਾਤਾ । ਕਤਹੂ—ਕਿਤੇ ਭੀ । ਪੇਖੇ—ਮੈਂ ਵੇਖੇ ਹਨ । ਪ੍ਰਿਅ ਰੋਮ ਸਮਸਰਿ—ਪਿਆਰੇ ਦੇ ਇਕ ਵਾਲ ਦੇ ਬਰਾਬਰ ।੧।

ਮੰਦਰਿ—ਹਿਰਦੇ-ਮੰਦਰ ਵਿਚ । ਸੋਭ—ਸੋਭਾ । ਦੁਆਰੈ—(ਪ੍ਰਭੂ ਦੇ) ਦਰ ਤੇ । ਅਨਹਤ—ਇਕ-ਰਸ, ਲਗਾਤਾਰ । ਰੁਣੁਝੁਣੁ—ਮੱਧਮ ਮੱਧਮ ਹੋ ਰਿਹਾ ਖ਼ੁਸ਼ੀ ਦਾ ਗੀਤ । ਗ੍ਰਿਹ ਥਾਏ—ਗ੍ਰਿਹ ਥਾਇ, ਜਿਸ ਦੇ ਹਿਰਦੇ-ਘਰ ਵਿਚ । ਸਦ—ਸਦਾ । ਪ੍ਰਿਅ ਥੀਤੇ—ਪ੍ਰਭੂ ਜੀ ਟਿਕ ਗਏ ।੨।੧।੨੭।

ਅਰਥ:- ਹੇ ਭਾਈ! ਮੈਂ ਅਜੇਹੇ ਮਿੱਤਰ ਪ੍ਰਭੂ ਜੀ ਲੱਭ ਲਏ ਹਨ, ਜੋ ਮੈਨੂੰ ਛੱਡ ਕੇ ਨਹੀਂ ਜਾਂਦਾ, ਸਦਾ ਮੇਰੇ ਨਾਲ ਰਹਿੰਦਾ ਹੈ, ਗੁਰੂ ਨੂੰ ਮਿਲ ਕੇ ਮੈਂ ਹਰ ਵੇਲੇ ਉਸ ਦੇ ਗੁਣ ਗਾਂਦਾ ਰਹਿੰਦਾ ਹਾਂ ।੧।ਰਹਾਉ।

ਹੇ ਭਾਈ! ਮੇਰੇ ਮਨ ਨੂੰ ਮੋਹ ਲੈਣ ਵਾਲਾ, ਮੈਨੂੰ ਸਾਰੇ ਸੁਖ ਦੇਣ ਵਾਲਾ ਪ੍ਰਭੂ ਮਿਲ ਪਿਆ ਹੈ, ਮੈਨੂੰ ਛੱਡ ਕੇ ਉਹ ਹੋਰ ਕਿਤੇ ਭੀ ਨਹੀਂ ਜਾਂਦਾ, (ਸੁਖਾਂ ਦੇ ਇਕਰਾਰ ਕਰਨ ਵਾਲੇ) ਹੋਰ ਬਥੇਰੇ ਅਨੇਕਾਂ ਕਿਸਮਾਂ ਦੇ (ਵਿਅਕਤੀ) ਵੇਖ ਲਏ ਹਨ, ਪਰ ਕੋਈ ਭੀ ਪਿਆਰੇ ਪ੍ਰਭੂ ਦੇ ਇਕ ਵਾਲ ਦੀ ਭੀ ਬਰਾਬਰੀ ਨਹੀਂ ਕਰ ਸਕਦਾ ।੧।

ਹੇ ਨਾਨਕ! ਆਖ—ਜਿਸ ਜੀਵ ਦੇ ਹਿਰਦੇ-ਘਰ ਵਿਚ ਪ੍ਰਭੂ ਜੀ ਸਦਾ ਲਈ ਆ ਟਿਕਦੇ ਹਨ, ਉਹ ਸਦਾ ਆਤਮਕ ਆਨੰਦ ਮਾਣਦਾ ਹੈ, ਉਸ ਦੇ ਹਿਰਦੇ-ਘਰ ਵਿਚ ਭਾਗ ਜਾਗ ਪੈਂਦਾ ਹੈ, ਉਸ ਦੇ ਹਿਰਦੇ ਵਿਚ ਇਕ ਰਸ ਧੀਮਾ ਧੀਮਾ ਖ਼ੁਸ਼ੀ ਦਾ ਗੀਤ ਹੁੰਦਾ ਰਹਿੰਦਾ ਹੈ, ਉਸ ਨੂੰ ਪ੍ਰਭੂ ਦੇ ਦਰ ਤੇ ਸੋਭਾ ਮਿਲਦੀ ਹੈ ।੨।੧।੨੭।

ਨੋਟ:- 'ਘਰੁ ੩' ਦੇ ਸੰਗ੍ਰਹਿ ਦਾ ਇਹ ਪਹਿਲਾ ਸ਼ਬਦ ਹੈ । ਵੇਖੋ ਅੰਕ ਨੰ: ੧ । ਕੁੱਲ ਜੋੜ ੨੭ ਹੈ ।

ਦੇਵਗੰਧਾਰੀ ੫ ॥ ਦਰਸਨ ਨਾਮ ਕਉ ਮਨੁ ਆਛੈ ॥ ਭ੍ਰਮਿ ਆਇਓ ਹੈ ਸਗਲ ਥਾਨ ਰੇ ਆਹਿ ਪਰਿਓ ਸੰਤ ਪਾਛੈ ॥੧॥ ਰਹਾਉ ॥ ਕਿਸੁ ਹਉ ਸੇਵੀ ਕਿਸੁ ਆਰਾਧੀ ਜੋ ਦਿਸਟੈ ਸੋ ਗਾਛੈ ॥ ਸਾਧਸੰਗਤਿ ਕੀ ਸਰਨੀ ਪਰੀਐ ਚਰਣ ਰੇਨੁ ਮਨੁ ਬਾਛੈ ॥੧॥ ਜੁਗਤਿ ਨ ਜਾਨਾ ਗੁਨੁ ਨਹੀ ਕੋਈ ਮਹਾ ਦੁਤਰੁ ਮਾਇ ਆਛੈ ॥ ਆਇ ਪਇਓ ਨਾਨਕ ਗੁਰ ਚਰਨੀ ਤਉ ਉਤਰੀ ਸਗਲ ਦੁਰਾਛੈ ॥੨॥੨॥੨੮॥ {ਪੰਨਾ 533-534}

ਪਦਅਰਥ:- ਕਉ—ਵਾਸਤੇ । ਆਛੈ—ਤਾਂਘਦਾ ਹੈ । ਭ੍ਰਮਿ—ਭਟਕ ਭਟਕ ਕੇ । ਸਗਲ ਥਾਨ—ਸਭਨੀਂ ਥਾਈਂ । ਰੇ—ਹੇ ਭਾਈ! ਆਹਿ—ਤਾਂਘ ਕਰ ਕੇ । ਸੰਤ ਪਾਛੈ—ਸੰਤਾਂ ਦੇ ਪਿੱਛੇ, ਸੰਤਾਂ ਦੀ ਸਰਨ ।੧।ਰਹਾਉ।

ਹਉ—ਮੈਂ । ਸੇਵੀ—ਸੇਵੀਂ, ਮੈਂ ਸੇਵਾ ਕਰਾਂ । ਆਰਾਧੀ—ਆਰਾਧੀਂ । ਦਿਸਟੈ—ਦਿਸਦਾ ਹੈ । ਗਾਛੈ—ਨਾਸਵੰਤ ਹੈ । ਪਰੀਐ—ਪੈਣਾ ਚਾਹੀਦਾ ਹੈ । ਰੇਨੁ—ਧੂੜ । ਬਾਛੈ—ਮੰਗਦਾ ਹੈ ।੧।

ਜਾਨਾ—ਜਾਨਾਂ, ਮੈਂ ਜਾਣਦਾ । ਦੁਤਰੁ—{dÔqr} ਜਿਸ ਨੂੰ ਤਰਨਾ ਔਖਾ ਹੈ । ਮਾਇ—ਮਾਇਆ । ਆਛੈ—{AiÔq} ਹੈ । ਤਉ—ਤਦੋਂ । ਦੁਰਾਛੈ—ਦੁਰ ਆਛੈ, ਮੰਦੀ ਵਾਸਨਾ ।੨।

ਅਰਥ:- ਹੇ ਭਾਈ! ਪਰਮਾਤਮਾ ਦਾ ਦਰਸਨ ਕਰਨ ਵਾਸਤੇ, ਪਰਮਾਤਮਾ ਦਾ ਨਾਮ ਜਪਣ ਵਾਸਤੇ, ਮੇਰਾ ਮਨ ਤਾਂਘਦਾ ਹੈ । ਮੇਰਾ ਇਹ ਮਨ ਭਟਕ ਭਟਕ ਕੇ ਸਭਨੀਂ ਥਾਈਂ ਹੋ ਆਇਆ ਹੈ, ਹੁਣ ਤਾਂਘ ਕਰ ਕੇ ਸੰਤਾਂ ਦੀ ਚਰਨੀਂ ਆ ਪਿਆ ਹੈ ।੧।ਰਹਾਉ।

(ਹੇ ਭਾਈ! ਸੰਸਾਰ ਵਿਚ) ਜੋ ਕੁਝ ਦਿੱਸ ਰਿਹਾ ਹੈ ਉਹ ਨਾਸਵੰਤ ਹੈ, (ਇਸ ਵਾਸਤੇ) ਮੈਂ ਕਿਸ ਦੀ

ਸੇਵਾ ਕਰਾਂ? ਮੈਂ ਕਿਸ ਦਾ ਆਰਾਧਨ ਕਰਾਂ? ਹੇ ਭਾਈ! ਸਾਧ ਸੰਗਤਿ ਦੀ ਸਰਨ ਪੈਣਾ ਚਾਹੀਦਾ ਹੈ । ਮੇਰਾ ਮਨ ਸਾਧ ਜਨਾਂ ਦੇ ਚਰਨਾਂ ਦੀ ਹੀ ਧੂੜ ਮੰਗਦਾ ਹੈ ।੧।

ਹੇ ਭਾਈ! ਇਹ ਮਾਇਆ (ਇਕ ਐਸਾ ਸਮੁੰਦਰ ਹੈ ਜਿਸ ਤੋਂ) ਪਾਰ ਲੰਘਣਾ ਬਹੁਤ ਹੀ ਔਖਾ ਹੈ, ਮੈਨੂੰ (ਇਸ ਤੋਂ ਪਾਰ ਲੰਘਣ ਦਾ) ਕੋਈ ਢੰਗ ਨਹੀਂ ਆਉਂਦਾ, ਮੇਰੇ ਵਿਚ ਕੋਈ (ਐਸਾ) ਗੁਣ (ਭੀ) ਨਹੀਂ (ਜਿਸ ਦੀ ਸਹਾਇਤਾ ਨਾਲ ਮੈਂ ਇਸ ਮਾਇਆ-ਸਮੁੰਦਰ ਤੋਂ ਪਾਰ ਲੰਘ ਸਕਾਂ) । ਹੇ ਨਾਨਕ! ਜਦੋਂ ਮਨੁੱਖ ਗੁਰੂ ਦੀ ਚਰਨੀਂ ਆ ਪੈਂਦਾ ਹੈ ਤਦੋਂ (ਇਸ ਦੇ ਅੰਦਰੋਂ) ਸਾਰੀ ਮੰਦੀ ਵਾਸਨਾ ਦੂਰ ਹੋ ਜਾਂਦੀ ਹੈ (ਤੇ, ਇਹ ਹਰੀ-ਨਾਮ ਜਪ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ) ।੨।੨।੨੮।

ਦੇਵਗੰਧਾਰੀ ੫ ॥ ਅੰਮ੍ਰਿਤਾ ਪ੍ਰਿਅ ਬਚਨ ਤੁਹਾਰੇ ॥ ਅਤਿ ਸੁੰਦਰ ਮਨਮੋਹਨ ਪਿਆਰੇ ਸਭਹੂ ਮਧਿ ਨਿਰਾਰੇ ॥੧॥ ਰਹਾਉ ॥ ਰਾਜੁ ਨ ਚਾਹਉ ਮੁਕਤਿ ਨ ਚਾਹਉ ਮਨਿ ਪ੍ਰੀਤਿ ਚਰਨ ਕਮਲਾਰੇ ॥ ਬ੍ਰਹਮ ਮਹੇਸ ਸਿਧ ਮੁਨਿ ਇੰਦ੍ਰਾ ਮੋਹਿ ਠਾਕੁਰ ਹੀ ਦਰਸਾਰੇ ॥੧॥ ਦੀਨੁ ਦੁਆਰੈ ਆਇਓ ਠਾਕੁਰ ਸਰਨਿ ਪਰਿਓ ਸੰਤ ਹਾਰੇ ॥ ਕਹੁ ਨਾਨਕ ਪ੍ਰਭ ਮਿਲੇ ਮਨੋਹਰ ਮਨੁ ਸੀਤਲ ਬਿਗਸਾਰੇ ॥੨॥੩॥੨੯॥ {ਪੰਨਾ 534}

ਪਦਅਰਥ:- ਅੰਮ੍ਰਿਤਾ—ਆਤਮਕ ਜੀਵਨ ਦੇਣ ਵਾਲੇ । ਪ੍ਰਿਅ—ਹੇ ਪਿਆਰੇ! ਮਨਮੋਹਨ—ਹੇ ਮਨ ਨੂੰ ਮੋਹਣ ਵਾਲੇ! ਮਧਿ—ਵਿਚ । ਨਿਰਾਰੇ—ਹੇ ਵੱਖਰੇ ਰਹਿਣ ਵਾਲੇ! ।੧।

ਚਾਹਉ—ਚਾਹਉਂ, ਮੈਂ ਚਾਹੁੰਦਾ ਹਾਂ । ਮਨਿ—ਮਨ ਵਿਚ । ਚਰਨ ਕਮਲ—ਕੌਲ-ਫੁੱਲਾਂ ਵਰਗੇ ਚਰਨ । ਮਹੇਸ—ਸ਼ਿਵ । ਸਿਧ—ਜੋਗ-ਸਾਧਨਾਂ ਵਿਚ ਪੁੱਗੇ ਹੋਏ ਜੋਗੀ, ਕਰਾਮਾਤੀ ਜੋਗੀ । ਮੋਹਿ—ਮੈਨੂੰ ।੧।

ਦੁਆਰੈ ਦਰ ਤੇ । ਹਾਰੇ—ਹਾਰਿ, ਹਾਰ ਕੇ । ਮਨੋਹਰ—ਮਨ ਨੂੰ ਮੋਹਣ ਵਾਲੇ । ਬਿਗਸਾਰੇ—ਖਿੜ ਪੈਂਦਾ ਹੈ ।੨।

ਅਰਥ:- ਹੇ ਪਿਆਰੇ! ਹੇ ਬੇਅੰਤ ਸੁੰਦਰ! ਹੇ ਪਿਆਰੇ ਮਨ ਮੋਹਣ! ਹੇ ਸਭ ਜੀਵਾਂ ਵਿਚ ਅਤੇ ਸਭ ਤੋਂ ਵੱਖਰੇ ਰਹਿਣ ਵਾਲੇ ਪ੍ਰਭੂ! ਤੇਰੀ ਸਿਫ਼ਤਿ-ਸਾਲਾਹ ਦੇ ਬਚਨ ਆਤਮਕ ਜੀਵਨ ਦੇਣ ਵਾਲੇ ਹਨ ।੧।ਰਹਾਉ।

ਹੇ ਪਿਆਰੇ ਪ੍ਰਭੂ! ਮੈਂ ਰਾਜ ਨਹੀਂ ਮੰਗਦਾ, ਮੈਂ ਮੁਕਤੀ ਨਹੀਂ ਮੰਗਦਾ, (ਮੇਹਰ ਕਰ, ਸਿਰਫ਼ ਤੇਰੇ) ਸੋਹਣੇ ਕੋਮਲ ਚਰਨਾਂ ਦਾ ਪਿਆਰ ਮੇਰੇ ਮਨ ਵਿਚ ਟਿਕਿਆ ਰਹੇ । (ਹੇ ਭਾਈ! ਲੋਕ ਤਾਂ) ਬ੍ਰਹਮਾ, ਸ਼ਿਵ ਕਰਾਮਾਤੀ ਜੋਗੀ, ਰਿਸ਼ੀ, ਮੁਨੀ ਇੰਦ੍ਰ (ਆਦਿਕ ਦਾ ਦਰਸਨ ਚਾਹੁੰਦੇ ਹਨ, ਪਰ) ਮੈਨੂੰ ਮਾਲਕ-ਪ੍ਰਭੂ ਦਾ ਦਰਸਨ ਹੀ ਚਾਹੀਦਾ ਹੈ ।੧।

ਹੇ ਠਾਕੁਰ! ਮੈਂ ਗਰੀਬ ਤੇਰੇ ਦਰ ਤੇ ਆਇਆ ਹਾਂ, ਮੈਂ ਹਾਰ ਕੇ ਤੇਰੇ ਸੰਤਾਂ ਦੀ ਸਰਨ ਆ ਪਿਆ ਹਾਂ । ਹੇ ਨਾਨਕ! (ਆਖ—ਜਿਸ ਮਨੁੱਖ ਨੂੰ) ਮਨ ਮੋਹਣ ਵਾਲੇ ਪ੍ਰਭੂ ਜੀ ਮਿਲ ਪੈਂਦੇ ਹਨ ਉਸ ਦਾ ਮਨ ਸ਼ਾਂਤ ਹੋ ਜਾਂਦਾ ਹੈ, ਖਿੜ ਪੈਂਦਾ ਹੈ ।੨।੩।੨੯।

ਦੇਵਗੰਧਾਰੀ ਮਹਲਾ ੫ ॥ ਹਰਿ ਜਪਿ ਸੇਵਕੁ ਪਾਰਿ ਉਤਾਰਿਓ ॥ ਦੀਨ ਦਇਆਲ ਭਏ ਪ੍ਰਭ ਅਪਨੇ ਬਹੁੜਿ ਜਨਮਿ ਨਹੀ ਮਾਰਿਓ ॥੧॥ ਰਹਾਉ ॥ ਸਾਧਸੰਗਮਿ ਗੁਣ ਗਾਵਹ ਹਰਿ ਕੇ ਰਤਨ ਜਨਮੁ ਨਹੀ ਹਾਰਿਓ ॥ ਪ੍ਰਭ ਗੁਨ ਗਾਇ ਬਿਖੈ ਬਨੁ ਤਰਿਆ ਕੁਲਹ ਸਮੂਹ ਉਧਾਰਿਓ ॥੧॥ ਚਰਨ ਕਮਲ ਬਸਿਆ ਰਿਦ ਭੀਤਰਿ ਸਾਸਿ ਗਿਰਾਸਿ ਉਚਾਰਿਓ ॥ ਨਾਨਕ ਓਟ ਗਹੀ ਜਗਦੀਸੁਰ ਪੁਨਹ ਪੁਨਹ ਬਲਿਹਾਰਿਓ ॥੨॥੪॥੩੦॥ {ਪੰਨਾ 534}

ਪਦਅਰਥ:- ਜਪਿ—ਜਪ ਕੇ । ਪਾਰਿ ਉਤਾਰਿਓ—ਪਾਰ ਲੰਘਾ ਲਿਆ ਜਾਂਦਾ ਹੈ । ਬਹੁੜਿ—ਮੁੜ । ਜਨਮਿ—ਜਨਮ ਵਿਚ । ਨਹੀ ਮਾਰਿਓ—ਨਹੀਂ ਮਾਰਿਆ ਜਾਂਦਾ ।੧।ਰਹਾਉ।

ਸੰਗਮਿ—ਮਿਲਾਪ ਵਿਚ । ਗਾਵਹ—ਆਓ ਅਸੀ ਗਾਵੀਏ {ਵਰਤਮਾਨ ਕਾਲ, ਉੱਤਮ ਪੁਰਖ, ਬਹੁ-ਵਚਨ} । ਗਾਇ—ਗਾ ਕੇ । ਬਿਖੈ ਬਨੁ—ਵਿਸ਼ਿਆਂ ਦੇ ਜ਼ਹਿਰ ਵਾਲਾ ਜਲ {vn: kwnn; j l;} । ਕੁਲਹ ਸਮੂਹ—ਸਾਰੀਆਂ ਕੁਲਾਂ ।੧।

ਰਿਦ—ਹਿਰਦਾ । ਸਾਸਿ ਗਿਰਾਸਿ—ਹਰੇਕ ਸਾਹ ਤੇ ਗਿਰਾਹੀ ਦੇ ਨਾਲ । ਓਟ—ਆਸਰਾ । ਗਹੀ—ਫੜੀ । ਜਗਦੀਸੁਰ—ਜਗਤ ਦੇ ਈਸ਼੍ਵਰ ਦਾ । ਪੁਨਹ ਪੁਨਹ—ਮੁੜ ਮੁੜ ।੨।

ਅਰਥ:- ਹੇ ਭਾਈ! ਪਰਮਾਤਮਾ ਦਾ ਨਾਮ ਜਪ ਕੇ ਪਰਮਾਤਮਾ ਦਾ ਸੇਵਕ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲਿਆ ਜਾਂਦਾ ਹੈ । ਦੀਨਾਂ ਉਤੇ ਦਇਆ ਕਰਨ ਵਾਲੇ ਪ੍ਰਭੂ ਉਸ ਸੇਵਕ ਦੇ ਆਪਣੇ ਬਣ ਜਾਂਦੇ ਹਨ, ਪ੍ਰਭੂ ਉਸ ਨੂੰ ਮੁੜ ਮੁੜ ਜਨਮ ਮਰਨ ਵਿਚ ਨਹੀਂ ਪਾਂਦਾ ।੧।ਰਹਾਉ।

ਹੇ ਭਾਈ! ਆਓ ਅਸੀ ਗੁਰੂ ਦੀ ਸੰਗਤਿ ਵਿਚ ਬੈਠ ਕੇ ਪਰਮਾਤਮਾ ਦੇ ਗੁਣ ਗਾਵੀਏ । ਹੇ ਭਾਈ! ਪ੍ਰਭੂ ਦਾ ਸੇਵਕ (ਗੁਣ ਗਾ ਕੇ) ਆਪਣਾ ਸ੍ਰੇਸ਼ਟ ਮਨੁੱਖਾ ਜਨਮ ਅਜਾਈਂ ਨਹੀਂ ਗਵਾਂਦਾ । ਪ੍ਰਭੂ ਦੇ ਗੁਣ ਗਾ ਕੇ ਸੇਵਕ ਵਿਸ਼ਿਆਂ ਦੇ ਜਲ ਨਾਲ ਭਰੇ ਸੰਸਾਰ-ਸਮੁੰਦਰ ਤੋਂ ਆਪ ਪਾਰ ਲੰਘ ਜਾਂਦਾ ਹੈ, ਆਪਣੀਆਂ ਸਾਰੀਆਂ ਕੁਲਾਂ ਨੂੰ ਭੀ (ਉਸ ਵਿਚ ਡੁੱਬਣੋਂ) ਬਚਾ ਲੈਂਦਾ ਹੈ ।੧।

ਹੇ ਭਾਈ! ਸੇਵਕ ਦੇ ਹਿਰਦੇ ਵਿਚ ਪਰਮਾਤਮਾ ਦੇ ਸੋਹਣੇ ਚਰਨ ਸਦਾ ਵੱਸਦੇ ਰਹਿੰਦੇ ਹਨ, ਸੇਵਕ ਹਰੇਕ ਸਾਹ ਨਾਲ ਹਰੇਕ ਗਿਰਾਹੀ ਨਾਲ ਪਰਮਾਤਮਾ ਦਾ ਨਾਮ ਜਪਦਾ ਰਹਿੰਦਾ ਹੈ । ਹੇ ਨਾਨਕ! ਸੇਵਕ ਨੇ ਜਗਤ ਦੇ ਮਾਲਕ ਪਰਮਾਤਮਾ ਦਾ ਆਸਰਾ ਲਿਆ ਹੁੰਦਾ ਹੈ, ਮੈਂ ਉਸ ਸੇਵਕ ਤੋਂ ਮੁੜ ਮੁੜ ਕੁਰਬਾਨ ਜਾਂਦਾ ਹਾਂ ।੨।੪।੩੦।

ਰਾਗੁ ਦੇਵਗੰਧਾਰੀ ਮਹਲਾ ੫ ਘਰੁ ੪ ੴ ਸਤਿਗੁਰ ਪ੍ਰਸਾਦਿ ॥ ਕਰਤ ਫਿਰੇ ਬਨ ਭੇਖ ਮੋਹਨ ਰਹਤ ਨਿਰਾਰ ॥੧॥ ਰਹਾਉ ॥ ਕਥਨ ਸੁਨਾਵਨ ਗੀਤ ਨੀਕੇ ਗਾਵਨ ਮਨ ਮਹਿ ਧਰਤੇ ਗਾਰ ॥੧॥ ਅਤਿ ਸੁੰਦਰ ਬਹੁ ਚਤੁਰ ਸਿਆਨੇ ਬਿਦਿਆ ਰਸਨਾ ਚਾਰ ॥੨॥ ਮਾਨ ਮੋਹ ਮੇਰ ਤੇਰ ਬਿਬਰਜਿਤ ਏਹੁ ਮਾਰਗੁ ਖੰਡੇ ਧਾਰ ॥੩॥ ਕਹੁ ਨਾਨਕ ਤਿਨਿ ਭਵਜਲੁ ਤਰੀਅਲੇ ਪ੍ਰਭ ਕਿਰਪਾ ਸੰਤ ਸੰਗਾਰ ॥੪॥੧॥੩੧॥ {ਪੰਨਾ 534}

ਪਦਅਰਥ:- ਬਨ—ਜੰਗਲ । ਭੇਖ—ਸਾਧੂਆਂ ਵਾਲੇ ਪਹਿਰਾਵੇ । ਮੋਹਨ—ਸੋਹਣਾ ਪ੍ਰਭੂ । ਨਿਰਾਰ—ਵੱਖਰਾ ।੧।ਰਹਾਉ।

ਕਥਨ ਸੁਨਾਵਨ—(ਹੋਰਨਾਂ ਨੂੰ ਉਪਦੇਸ਼) ਕਹਿਣ ਸੁਣਾਣ ਵਾਲੇ । ਨੀਕੇ—ਸੋਹਣੇ । ਗਾਰ—(gv) ਅਹੰਕਾਰ ।੧।

ਰਸਨਾ—ਜੀਭ । ਚਾਰ—ਸੋਹਣੀ (cw{) ।੨।

ਬਿਬਰਜਿਤ—ਬਚੇ ਰਹਿਣਾ । ਮਾਰਗੁ—ਰਸਤਾ । ਖੰਡੇ ਧਾਰ—ਖੰਡੇ ਦੀ ਧਾਰ ਵਰਗਾ ਬਾਰੀਕ ।੩।

ਨਾਨਕ—ਹੇ ਨਾਨਕ! ਤਿਨਿ—ਉਸ (ਮਨੁੱਖ) ਨੇ । ਭਵਜਲੁ—ਸੰਸਾਰ-ਸਮੁੰਦਰ । ਸੰਗਾਰ—ਸੰਗਤਿ ।੪।

ਅਰਥ:- (ਹੇ ਭਾਈ! ਜੇਹੜੇ ਮਨੁੱਖ ਤਿਆਗੀ ਸਾਧੂਆਂ ਵਾਲੇ) ਭੇਖ ਕਰ ਕੇ ਜੰਗਲ ਵਿਚ ਤੁਰੇ ਫਿਰਦੇ ਹਨ, ਸੋਹਣਾ ਪ੍ਰਭੂ ਉਹਨਾਂ ਤੋਂ ਵੱਖਰਾ ਹੀ ਰਹਿੰਦਾ ਹੈ ।੧।ਰਹਾਉ।

ਹੇ ਭਾਈ! ਜੇਹੜੇ ਮਨੁੱਖ ਹੋਰਨਾਂ ਨੂੰ ਉਪਦੇਸ਼ ਕਹਿਣ ਸੁਣਾਣ ਵਾਲੇ ਹਨ, ਜੇਹੜੇ ਸੋਹਣੇ ਸੋਹਣੇ ਗੀਤ ਭੀ ਗਾਣ ਵਾਲੇ ਹਨ ਉਹ (ਆਪਣੇ ਇਸ ਗੁਣ ਦਾ) ਮਨ ਵਿਚ ਅਹੰਕਾਰ ਬਣਾਈ ਰੱਖਦੇ ਹਨ (ਮੋਹਨ ਪ੍ਰਭੂ ਉਹਨਾਂ ਤੋਂ ਭੀ ਵੱਖਰਾ ਰਹਿੰਦਾ ਹੈ) ।੧।

ਹੇ ਭਾਈ! ਵਿੱਦਿਆ ਦੀ ਬਰਕਤਿ ਨਾਲ ਜਿਨ੍ਹਾਂ ਦੀ ਜੀਭ ਸੋਹਣੀ (ਬੋਲਣ ਵਾਲੀ ਬਣ ਜਾਂਦੀ) ਹੈ, ਜੋ ਵੇਖਣ ਨੂੰ ਬੜੇ ਸੋਹਣੇ ਹਨ, ਚਤੁਰ ਹਨ, ਸਿਆਣੇ ਹਨ (ਮੋਹਨ ਪ੍ਰਭੂ ਉਹਨਾਂ ਤੋਂ ਭੀ ਵੱਖਰਾ ਹੀ ਰਹਿੰਦਾ ਹੈ) ।੨।

(ਹੇ ਭਾਈ! ਮੋਹਨ ਪ੍ਰਭੂ ਉਹਨਾਂ ਦੇ ਹਿਰਦੇ ਵਿਚ ਵੱਸਦਾ ਹੈ ਜੇਹੜੇ ਅਹੰਕਾਰ ਤੋਂ, ਮੋਹ ਤੋਂ, ਮੇਰ-ਤੇਰ ਤੋਂ ਬਚੇ ਰਹਿੰਦੇ ਹਨ, ਪਰ) ਅਹੰਕਾਰ ਤੋਂ, ਮੋਹ ਤੋਂ, ਮੇਰ-ਤੇਰ ਤੋਂ, ਬਚੇ ਰਹਿਣਾ—ਇਹ ਰਸਤਾ ਖੰਡੇ ਦੀ ਧਾਰ ਵਰਗਾ ਬਰੀਕ ਹੈ (ਇਸ ਉਤੇ ਤੁਰਨਾ ਸੌਖੀ ਖੇਡ ਨਹੀਂ) ।੩।

ਹੇ ਨਾਨਕ! ਉਸ ਮਨੁੱਖ ਨੇ ਸੰਸਾਰ-ਸਮੁੰਦਰ ਤਰ ਲਿਆ ਹੈ ਜੋ ਪ੍ਰਭੂ ਦੀ ਕਿਰਪਾ ਨਾਲ ਸਾਧ ਸੰਗਤਿ ਵਿਚ ਨਿਵਾਸ ਰੱਖਦਾ ਹੈ ।੪।੧।੩੧।

ਰਾਗੁ ਦੇਵਗੰਧਾਰੀ ਮਹਲਾ ੫ ਘਰੁ ੫ ੴ ਸਤਿਗੁਰ ਪ੍ਰਸਾਦਿ ॥ ਮੈ ਪੇਖਿਓ ਰੀ ਊਚਾ ਮੋਹਨੁ ਸਭ ਤੇ ਊਚਾ ॥ ਆਨ ਨ ਸਮਸਰਿ ਕੋਊ ਲਾਗੈ ਢੂਢਿ ਰਹੇ ਹਮ ਮੂਚਾ ॥੧॥ ਰਹਾਉ ॥ ਬਹੁ ਬੇਅੰਤੁ ਅਤਿ ਬਡੋ ਗਾਹਰੋ ਥਾਹ ਨਹੀ ਅਗਹੂਚਾ ॥ ਤੋਲਿ ਨ ਤੁਲੀਐ ਮੋਲਿ ਨ ਮੁਲੀਐ ਕਤ ਪਾਈਐ ਮਨ ਰੂਚਾ ॥੧॥ ਖੋਜ ਅਸੰਖਾ ਅਨਿਕ ਤਪੰਥਾ ਬਿਨੁ ਗੁਰ ਨਹੀ ਪਹੂਚਾ ॥ ਕਹੁ ਨਾਨਕ ਕਿਰਪਾ ਕਰੀ ਠਾਕੁਰ ਮਿਲਿ ਸਾਧੂ ਰਸ ਭੂੰਚਾ ॥੨॥੧॥੩੨॥ {ਪੰਨਾ 534}

ਪਦਅਰਥ:- ਰੀ—ਹੇ ਸਖੀ! । ਪੇਖਿਓ—ਵੇਖਿਆ । ਤੇ—ਤੋਂ । ਆਨ—{ANX} ਕੋਈ ਹੋਰ । ਸਮਸਰਿ—ਬਰਾਬਰ । ਮੂਚਾ—ਬਹੁਤ । ਢੂਢਿ ਰਹੇ—ਢੂੰਢ ਕੇ ਰਹਿ ਗਿਆ ਹਾਂ ।੧।ਰਹਾਉ।

ਗਾਹਰੋ—ਗਹਿਰਾ, ਡੂੰਘਾ । ਅਗਹੂਚਾ—ਅਗਹ-ਊਚਾ, ਇਤਨਾ ਉੱਚਾ ਕਿ ਉਸ ਤਕ ਅੱਪੜਿਆ ਨਹੀਂ ਜਾ ਸਕਦਾ । ਤੋਲਿ—ਕਿਸੇ ਤੋਲ ਨਾਲ । ਮੋਲਿ—ਕਿਸੇ ਕੀਮਤ ਨਾਲ । ਮੁਲੀਐ—ਖ਼ਰੀਦਿਆ ਜਾ ਸਕਦਾ । ਕਤ—ਕਿੱਥੇ? ਮਨ ਰੂਚਾ—ਮਨ ਨੂੰ ਪਿਆਰਾ ਲੱਗਣ ਵਾਲਾ ।੧।

ਖੋਜ—ਭਾਲ । ਅਨਿਕਤ—ਅਨੇਕਾਂ । ਪੰਥਾ—ਰਸਤੇ । ਮਿਲਿ ਸਾਧੂ—ਗੁਰੂ ਨੂੰ ਮਿਲ ਕੇ । ਭੁੰਚਾ—ਭੋਗਿਆ, ਮਾਣਿਆ ।੨।

ਅਰਥ:– ਹੇ ਭੈਣ! ਮੈਂ ਵੇਖ ਲਿਆ ਹੈ ਕਿ ਉਹ ਸੋਹਣਾ ਪ੍ਰਭੂ ਬਹੁਤ ਉੱਚਾ ਹੈ ਸਭ ਨਾਲੋਂ ਉੱਚਾ ਹੈ । ਮੈਂ ਬਹੁਤ ਭਾਲ ਕਰ ਕੇ ਥੱਕ ਗਿਆ ਹਾਂ । ਕੋਈ ਹੋਰ ਉਸ ਦੀ ਬਰਾਬਰੀ ਨਹੀਂ ਕਰ ਸਕਦਾ ।੧।ਰਹਾਉ।

ਉਹ ਪਰਮਾਤਮਾ ਬਹੁਤ ਬੇਅੰਤ ਹੈ, ਉਹ ਬਹੁਤ ਹੀ ਗੰਭੀਰ ਹੈ ਉਸ ਦੀ ਡੂੰਘਾਈ ਨਹੀਂ ਲੱਭ ਸਕਦੀ, ਉਹ ਇਤਨਾ ਉੱਚਾ ਹੈ ਕਿ ਉਸ ਤਕ ਅੱਪੜਿਆ ਨਹੀਂ ਜਾ ਸਕਦਾ । ਕਿਸੇ ਵੱਟੇ ਨਾਲ ਉਸ ਨੂੰ ਤੋਲਿਆ ਨਹੀਂ ਜਾ ਸਕਦਾ, ਕਿਸੇ ਕੀਮਤਿ ਨਾਲ ਉਸ ਨੂੰ ਖਰੀਦਿਆ ਨਹੀਂ ਜਾ ਸਕਦਾ, ਪਤਾ ਨਹੀਂ ਲੱਗਦਾ ਕਿੱਥੇ ਉਸ ਸੋਹਣੇ ਪ੍ਰਭੂ ਨੂੰ ਲੱਭੀਏ ।੧।

ਅਨੇਕਾਂ ਭਾਲਾਂ ਕਰੀਏ, ਅਨੇਕਾਂ ਰਸਤੇ ਵੇਖੀਏ (ਕੁਝ ਨਹੀਂ ਬਣ ਸਕਦਾ), ਗੁਰੂ ਦੀ ਸਰਨ ਪੈਣ ਤੋਂ ਬਿਨਾ ਉਸ ਪ੍ਰਭੂ ਦੇ ਚਰਨਾਂ ਵਿਚ ਨਹੀਂ ਪਹੁੰਚ ਸਕੀਦਾ । ਹੇ ਨਾਨਕ! ਆਖ—ਪ੍ਰਭੂ ਨੇ ਜਿਸ ਮਨੁੱਖ ਉੱਤੇ ਕਿਰਪਾ ਕੀਤੀ, ਉਹ ਗੁਰੂ ਨੂੰ ਮਿਲ ਕੇ ਉਸ ਦੇ ਨਾਮ ਦਾ ਰਸ ਮਾਣਦਾ ਹੈ ।੨।੧।੩੨।

ਨੋਟ:– 'ਘਰੁ ੫' ਦਾ ਪਹਿਲਾ ਸ਼ਬਦ ਹੈ । ਅੰਕ ੧ ।

ਦੇਵਗੰਧਾਰੀ ਮਹਲਾ ੫ ॥ ਮੈ ਬਹੁ ਬਿਧਿ ਪੇਖਿਓ ਦੂਜਾ ਨਾਹੀ ਰੀ ਕੋਊ ॥ ਖੰਡ ਦੀਪ ਸਭ ਭੀਤਰਿ ਰਵਿਆ ਪੂਰਿ ਰਹਿਓ ਸਭ ਲੋਊ ॥੧॥ ਰਹਾਉ ॥ ਅਗਮ ਅਗੰਮਾ ਕਵਨ ਮਹਿੰਮਾ ਮਨੁ ਜੀਵੈ ਸੁਨਿ ਸੋਊ ॥ ਚਾਰਿ ਆਸਰਮ ਚਾਰਿ ਬਰੰਨਾ ਮੁਕਤਿ ਭਏ ਸੇਵਤੋਊ ॥੧॥ ਗੁਰਿ ਸਬਦੁ ਦ੍ਰਿੜਾਇਆ ਪਰਮ ਪਦੁ ਪਾਇਆ ਦੁਤੀਅ ਗਏ ਸੁਖ ਹੋਊ ॥ ਕਹੁ ਨਾਨਕ ਭਵ ਸਾਗਰੁ ਤਰਿਆ ਹਰਿ ਨਿਧਿ ਪਾਈ ਸਹਜੋਊ ॥੨॥੨॥੩੩॥ {ਪੰਨਾ 535}

ਪਦਅਰਥ:– ਬਹੁ ਬਿਧਿ—ਬਹੁਤ ਤਰੀਕਿਆਂ ਨਾਲ । ਰੀ—ਹੇ ਭੈਣ! ਖੰਡ—ਧਰਤੀ ਦੇ ਨੌ ਹਿੱਸੇ । ਦੀਪ—ਸੱਤ ਦੀਪ, ਸਾਰੇ ਦੇਸ । ਰਵਿਆ—ਮੌਜੂਦ । ਲੋਊ—ਲੋਕ, ਭਵਨ ।੧।ਰਹਾਉ।

ਅਗਮ—ਅਪਹੁੰਚ । ਅਗੰਮਾ—ਅਪਹੁੰਚ । ਮਹਿੰਮਾ—ਵਡਿਆਈ । ਜੀਵੈ—ਆਤਮਕ ਜੀਵਨ ਪ੍ਰਾਪਤ ਕਰਦਾ ਹੈ । ਸੁਨਿ—ਸੁਣ ਕੇ । ਸੋਊ—ਸੋਭਾ । ਚਾਰਿ ਆਸਰਮ—{ਬ੍ਰਹਮ-ਚਰਜ, ਗ੍ਰਿਹਸਥ, ਵਾਨਪ੍ਰਸਤ, ਸੰਨਿਆਸ} । ਚਾਰਿ ਬਰੰਨਾ—{ਬ੍ਰਾਹਮਣ, ਖੱਤ੍ਰੀ, ਵੈਸ਼, ਸ਼ੂਦਰ} । ਸੇਵਤੋਊ—ਸੇਵਤ ਹੀ, ਸੇਵਾ-ਭਗਤੀ ਕਰਨ ਨਾਲ ।੧।

ਗੁਰਿ—ਗੁਰੂ ਨੇ । ਦ੍ਰਿੜਾਇਆ—ਹਿਰਦੇ ਵਿਚ ਪੱਕਾ ਕਰ ਦਿੱਤਾ । ਪਰਮ ਪਦੁ—ਸਭ ਤੋਂ ਉੱਚਾ ਆਤਮਕ ਦਰਜਾ । ਦੁਤੀਅ—ਮੇਰ-ਤੇਰ, ਪਰਮਾਤਮਾ ਤੋਂ ਬਿਨਾ ਕਿਸੇ ਹੋਰ ਦੀ ਹੋਂਦ ਦਾ ਖ਼ਿਆਲ । ਭਵ ਸਾਗਰੁ—ਸੰਸਾਰ-ਸਮੁੰਦਰ । ਨਿਧਿ— ਖ਼ਜ਼ਾਨਾ । ਸਹਜੋਊ—ਆਤਮਕ ਅਡੋਲਤਾ ।੨।

ਅਰਥ:– ਹੇ ਭੈਣ! ਮੈਂ ਇਸ ਅਨੇਕਾਂ ਰੰਗਾਂ ਵਾਲੇ ਜਗਤ ਨੂੰ (ਗਹੁ ਨਾਲ) ਵੇਖਿਆ ਹੈ, ਮੈਨੂੰ ਇਸ ਵਿਚ ਪਰਮਾਤਮਾ ਤੋਂ ਬਿਨਾ ਕੋਈ ਹੋਰ ਨਹੀਂ ਦਿੱਸਦਾ । ਹੇ ਭੈਣ! ਧਰਤੀ ਦੇ ਸਾਰੇ ਖੰਡਾਂ ਵਿਚ, ਦੇਸ਼ਾਂ ਵਿਚ ਸਭਨਾਂ ਵਿਚ ਪਰਮਾਤਮਾ ਹੀ ਮੌਜੂਦ ਹੈ, ਸਭ ਭਵਨਾਂ ਵਿਚ ਪਰਮਾਤਮਾ ਵਿਆਪਕ ਹੈ ।੧।ਰਹਾਉ।

ਹੇ ਭੈਣ! ਪਰਮਾਤਮਾ ਅਪਹੁੰਚ ਹੈ, ਸਾਡੀ ਜੀਵਾਂ ਦੀ ਅਕਲ ਉਸ ਤਕ ਨਹੀਂ ਪਹੁੰਚ ਸਕਦੀ; ਉਸ ਦੀ

ਵਡਿਆਈ ਕੋਈ ਭੀ ਬਿਆਨ ਨਹੀਂ ਕਰ ਸਕਦਾ । ਹੇ ਭੈਣ! ਉਸ ਦੀ ਸੋਭਾ ਸੁਣ ਸੁਣ ਕੇ ਮੇਰੇ ਮਨ ਨੂੰ ਆਤਮਕ ਜੀਵਨ ਮਿਲ ਰਿਹਾ ਹੈ । ਚੌਹਾਂ ਆਸ਼੍ਰਮਾਂ, ਚੌਹਾਂ ਵਰਨਾਂ ਦੇ ਜੀਵ ਉਸ ਦੀ ਸੇਵਾ-ਭਗਤੀ ਕਰ ਕੇ (ਮਾਇਆ ਦੇ ਬੰਧਨਾਂ ਤੋਂ) ਆਜ਼ਾਦ ਹੋ ਜਾਂਦੇ ਹਨ ।੧।

ਹੇ ਨਾਨਕ! ਆਖ—ਜਿਸ ਮਨੁੱਖ ਦੇ ਹਿਰਦੇ ਵਿਚ ਗੁਰੂ ਨੇ ਆਪਣਾ ਸ਼ਬਦ ਪੱਕਾ ਕਰ ਕੇ ਟਿਕਾ ਦਿੱਤਾ ਉਸ ਨੇ ਸਭ ਤੋਂ ਉੱਚਾ ਆਤਮਕ ਦਰਜਾ ਹਾਸਲ ਕਰ ਲਿਆ, ਉਸ ਦੇ ਅੰਦਰੋਂ ਮੇਰ-ਤੇਰ ਦੂਰ ਹੋ ਗਈ, ਉਸ ਨੂੰ ਆਤਮਕ ਅਨੰਦ ਮਿਲ ਗਿਆ, ਉਸ ਨੇ ਸੰਸਾਰ-ਸਮੁੰਦਰ ਤਰ ਲਿਆ, ਉਸ ਨੂੰ ਪਰਮਾਤਮਾ ਦਾ ਨਾਮ-ਖ਼ਜ਼ਾਨਾ ਲੱਭ ਪਿਆ, ਉਸ ਨੂੰ ਆਤਮਕ ਅਡੋਲਤਾ ਹਾਸਲ ਹੋ ਗਈ ।੨।੨।੩੩।

ਰਾਗੁ ਦੇਵਗੰਧਾਰੀ ਮਹਲਾ ੫ ਘਰੁ ੬ ੴ ਸਤਿਗੁਰ ਪ੍ਰਸਾਦਿ ॥ ਏਕੈ ਰੇ ਹਰਿ ਏਕੈ ਜਾਨ ॥ ਏਕੈ ਰੇ ਗੁਰਮੁਖਿ ਜਾਨ ॥੧॥ ਰਹਾਉ ॥ ਕਾਹੇ ਭ੍ਰਮਤ ਹਉ ਤੁਮ ਭ੍ਰਮਹੁ ਨ ਭਾਈ ਰਵਿਆ ਰੇ ਰਵਿਆ ਸ੍ਰਬ ਥਾਨ ॥੧॥ ਜਿਉ ਬੈਸੰਤਰੁ ਕਾਸਟ ਮਝਾਰਿ ਬਿਨੁ ਸੰਜਮ ਨਹੀ ਕਾਰਜ ਸਾਰਿ ॥ ਬਿਨੁ ਗੁਰ ਨ ਪਾਵੈਗੋ ਹਰਿ ਜੀ ਕੋ ਦੁਆਰ ॥ ਮਿਲਿ ਸੰਗਤਿ ਤਜਿ ਅਭਿਮਾਨ ਕਹੁ ਨਾਨਕ ਪਾਏ ਹੈ ਪਰਮ ਨਿਧਾਨ ॥੨॥੧॥੩੪॥ {ਪੰਨਾ 535}

ਪਦਅਰਥ:- ਏਕੈ—ਇਕ (ਪਰਮਾਤਮਾ) ਹੀ । ਰੇ—ਹੇ ਭਾਈ! ਜਾਨ—ਸਮਝ, ਨਿਸ਼ਚਾ ਕਰ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ ।੧।ਰਹਾਉ।

ਕਾਹੇ—ਕਿਉਂ? ਭ੍ਰਮਤ ਹਉ—ਤੂੰ ਭਟਕਦਾ ਹੈਂ । ਭਾਈ—ਹੇ ਭਾਈ! ਸ੍ਰਬ ਥਾਨ—ਸਰਬ ਥਾਨ, ਸਭ ਥਾਈਂ ।੧।

ਬੈਸੰਤਰੁ—ਅੱਗ । ਕਾਸਟ ਮਝਾਰਿ—ਲੱਕੜ ਵਿਚ (ਕਾਸਟ—ਕਾਠ) । ਸੰਜਮ—ਜੁਗਤਿ, ਮਰਯਾਦਾ । ਸਾਰਿ—ਸਾਰੇ, ਸਿਰੇ ਚੜ੍ਹਦਾ । ਕੋ—ਦਾ । ਦੁਆਰ—ਦਰਵਾਜ਼ਾ । ਮਿਲਿ—ਮਿਲ ਕੇ । ਤਜਿ—ਤਜ ਕੇ । ਪਰਮ ਨਿਧਾਨ—ਸਭ ਤੋਂ ਸ੍ਰੇਸ਼ਟ (ਨਾਮ-) ਖ਼ਜ਼ਾਨਾ ।੨।

ਅਰਥ:- ਹੇ ਭਾਈ! ਹਰ ਥਾਂ ਇਕ ਪਰਮਾਤਮਾ ਨੂੰ ਹੀ ਵੱਸਦਾ ਸਮਝ । ਹੇ ਭਾਈ! ਗੁਰੂ ਦੀ ਸਰਨ ਪੈ ਕੇ ਇਕ ਪਰਮਾਤਮਾ ਨੂੰ ਹੀ (ਹਰ ਥਾਂ ਵੱਸਦਾ) ਸਮਝ ।੧।ਰਹਾਉ।

ਹੇ ਭਾਈ! ਤੁਸੀਂ ਕਿਉਂ ਭਟਕਦੇ ਹੋ? ਭਟਕਣਾ ਛੱਡ ਦਿਉ । ਹੇ ਭਾਈ! ਪਰਮਾਤਮਾ ਸਭ ਥਾਵਾਂ ਵਿਚ ਵਿਆਪ ਰਿਹਾ ਹੈ ।੧।

ਹੇ ਭਾਈ! ਜਿਵੇਂ (ਹਰੇਕ) ਲੱਕੜ ਵਿਚ ਅੱਗ (ਵੱਸਦੀ ਹੈ, ਪਰ) ਜੁਗਤਿ ਤੋਂ ਬਿਨਾ (ਉਹ ਅੱਗ ਹਾਸਲ ਨਹੀਂ ਕੀਤੀ ਜਾ ਸਕਦੀ, ਤੇ, ਅੱਗ ਨਾਲ ਕੀਤੇ ਜਾਣ ਵਾਲੇ) ਕੰਮ ਸਿਰੇ ਨਹੀਂ ਚੜ੍ਹ ਸਕਦੇ । (ਇਸੇ ਤਰ੍ਹਾਂ, ਭਾਵੇਂ ਪਰਮਾਤਮਾ ਹਰ ਥਾਂ ਵੱਸ ਰਿਹਾ ਹੈ, ਪਰ) ਗੁਰੂ ਨੂੰ ਮਿਲਣ ਤੋਂ ਬਿਨਾ ਕੋਈ ਮਨੁੱਖ ਪਰਮਾਤਮਾ ਦਾ ਦਰ ਨਹੀਂ ਲੱਭ ਸਕੇਗਾ । ਹੇ ਨਾਨਕ! ਆਖ—ਸਾਧ ਸੰਗਤਿ ਵਿਚ ਮਿਲ ਕੇ ਆਪਣਾ ਅਹੰਕਾਰ ਤਿਆਗ ਕੇ ਸਭ ਤੋਂ ਸ੍ਰੇਸ਼ਟ (ਨਾਮ-) ਖ਼ਜ਼ਾਨਾ ਮਿਲ ਜਾਂਦਾ ਹੈ ।੨।੧।੩੪।

ਦੇਵਗੰਧਾਰੀ ੫ ॥ ਜਾਨੀ ਨ ਜਾਈ ਤਾ ਕੀ ਗਾਤਿ ॥੧॥ ਰਹਾਉ ॥ ਕਹ ਪੇਖਾਰਉ ਹਉ ਕਰਿ ਚਤੁਰਾਈ ਬਿਸਮਨ ਬਿਸਮੇ ਕਹਨ ਕਹਾਤਿ ॥੧॥ ਗਣ ਗੰਧਰਬ ਸਿਧ ਅਰੁ ਸਾਧਿਕ ॥ ਸੁਰਿ ਨਰ ਦੇਵ ਬ੍ਰਹਮ ਬ੍ਰਹਮਾਦਿਕ ॥ ਚਤੁਰ ਬੇਦ ਉਚਰਤ ਦਿਨੁ ਰਾਤਿ ॥ ਅਗਮ ਅਗਮ ਠਾਕੁਰੁ ਆਗਾਧਿ ॥ ਗੁਨ ਬੇਅੰਤ ਬੇਅੰਤ ਭਨੁ ਨਾਨਕ ਕਹਨੁ ਨ ਜਾਈ ਪਰੈ ਪਰਾਤਿ ॥੨॥੨॥੩੫॥ {ਪੰਨਾ 535}

ਪਦਅਰਥ:- ਤਾ ਕੀ—ਉਸ (ਪਰਮਾਤਮਾ) ਦੀ । ਗਾਤਿ—ਗਤਿ, ਅਵਸਥਾ, ਆਤਮਕ ਅਵਸਥਾ ।੧।ਰਹਾਉ।

ਕਹ—ਕਿਥੇ? ਪੇਖਾਰਉ—ਮੈਂ ਵਿਖਾਵਾਂ । ਹਉ—ਮੈਂ । ਕਰਿ—ਕਰ ਕੇ । ਬਿਸਮਨ ਬਿਸਮੇ—ਹੈਰਾਨ ਤੋਂ ਹੈਰਾਨ, ਬਹੁਤ ਹੀ ਹੈਰਾਨ । ਕਹਨ—ਕਥਨ, ਬਿਆਨ । ਕਹਾਤਿ—ਕਹਿੰਦੇ, ਜੋ ਕਹਿੰਦੇ ਹਨ ।੧।

ਗਣ—ਸ਼ਿਵ ਜੀ ਦੇ ਸੇਵਕ । ਗੰਧਰਬ—ਦੇਵਤਿਆਂ ਦੇ ਰਾਗੀ । ਸਿਧ—ਕਰਾਮਾਤੀ ਜੋਗੀ । ਅਰੁ—ਅਤੇ । ਸਾਧਿਕ—ਜੋਗ-ਸਾਧਨ ਕਰਨ ਵਾਲੇ । ਸੁਰਿਨਰ—ਦੈਵੀ ਗੁਣਾਂ ਵਾਲੇ ਮਨੁੱਖ । ਬ੍ਰਹਮ—ਪਰਮਾਤਮਾ ਨੂੰ ਜਾਣਨ ਵਾਲੇ । ਬ੍ਰਹਮਾਦਿਕ—ਬ੍ਰਹਮਾ ਵਰਗੇ ਦੇਵਤੇ । ਚਤੁਰ—ਚਾਰ । ਅਗਮ—ਅਪਹੁੰਚ । ਆਗਾਧਿ—ਅਥਾਹ । ਭਨੁ—ਕਹੁ, ਆਖ । ਨਾਨਕ—ਹੇ ਨਾਨਕ! ਪਰੈ ਪਰਾਤਿ—ਪਰੇ ਤੋਂ ਪਰੇ ।੨।

ਅਰਥ:- ਹੇ ਭਾਈ! ਉਸ ਪਰਮਾਤਮਾ ਦੀ ਆਤਮਕ ਅਵਸਥਾ ਸਮਝੀ ਨਹੀਂ ਜਾ ਸਕਦੀ (ਪਰਮਾਤਮਾ ਕਿਹੋ ਜਿਹਾ ਹੈ—ਇਹ ਗੱਲ ਜਾਣੀ ਨਹੀਂ ਜਾ ਸਕਦੀ) ।੧।ਰਹਾਉ।

ਹੇ ਭਾਈ! ਆਪਣੀ ਅਕਲ ਦਾ ਜ਼ੋਰ ਲਾ ਕੇ ਮੈਂ ਉਹ ਪਰਮਾਤਮਾ ਕਿਥੇ ਵਿਖਾਵਾਂ? (ਨਹੀਂ ਵਿਖਾ ਸਕਦਾ) । ਜੇਹੜੇ ਮਨੁੱਖ ਉਸ ਨੂੰ ਬਿਆਨ ਕਰਨ ਦਾ ਜਤਨ ਕਰਦੇ ਹਨ ਉਹ ਭੀ ਹੈਰਾਨ ਹੀ ਰਹਿ ਜਾਂਦੇ ਹਨ (ਉਸ ਦਾ ਸਰੂਪ ਕਥਿਆ ਨਹੀਂ ਜਾ ਸਕਦਾ) ।੧।

ਹੇ ਭਾਈ! ਸ਼ਿਵ ਜੀ ਦੇ ਗੁਣ, ਦੇਵਤਿਆਂ ਦੇ ਰਾਗੀ, ਕਰਾਮਾਤੀ ਜੋਗੀ, ਜੋਗ-ਸਾਧਨਾਂ ਕਰਨ ਵਾਲੇ, ਦੈਵੀ ਗੁਣਾਂ ਵਾਲੇ ਮਨੁੱਖ, ਦੇਵਤੇ, ਬ੍ਰਹਮ-ਗਿਆਨੀ, ਬ੍ਰਹਮਾ ਆਦਿਕ ਵੱਡੇ ਦੇਵਤੇ, ਚਾਰੇ ਵੇਦ (ਉਸ ਪਰਮਾਤਮਾ ਦੇ ਗੁਣਾਂ ਦਾ) ਦਿਨ ਰਾਤ ਉਚਾਰਨ ਕਰਦੇ ਹਨ । ਫਿਰ ਭੀ ਉਸ ਪਰਮਾਤਮਾ ਤਕ (ਆਪਣੀ ਅਕਲ ਦੇ ਜ਼ੋਰ) ਪਹੁੰਚ ਨਹੀਂ ਹੋ ਸਕਦੀ, ਉਹ ਅਪਹੁੰਚ ਹੈ ਉਹ ਅਥਾਹ ਹੈ ।

ਹੇ ਨਾਨਕ! ਆਖ—ਪਰਾਮਤਮਾ ਦੇ ਗੁਣਾਂ ਦਾ ਅੰਤ ਨਹੀਂ ਪਾਇਆ ਜਾ ਸਕਦਾ, ਉਹ ਬੇਅੰਤ ਹੈ, ਉਸ ਦਾ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ, ਉਹ ਪਰੇ ਤੋਂ ਪਰੇ ਹੈ ।੨।੨।੩੫।

ਦੇਵਗੰਧਾਰੀ ਮਹਲਾ ੫ ॥ ਧਿਆਏ ਗਾਏ ਕਰਨੈਹਾਰ ॥ ਭਉ ਨਾਹੀ ਸੁਖ ਸਹਜ ਅਨੰਦਾ ਅਨਿਕ ਓਹੀ ਰੇ ਏਕ ਸਮਾਰ ॥੧॥ ਰਹਾਉ ॥ ਸਫਲ ਮੂਰਤਿ ਗੁਰੁ ਮੇਰੈ ਮਾਥੈ ॥ ਜਤ ਕਤ ਪੇਖਉ ਤਤ ਤਤ ਸਾਥੈ ॥ ਚਰਨ ਕਮਲ ਮੇਰੇ ਪ੍ਰਾਨ ਅਧਾਰ ॥੧॥ ਸਮਰਥ ਅਥਾਹ ਬਡਾ

ਪ੍ਰਭੁ ਮੇਰਾ ॥ ਘਟ ਘਟ ਅੰਤਰਿ ਸਾਹਿਬੁ ਨੇਰਾ ॥ ਤਾ ਕੀ ਸਰਨਿ ਆਸਰ ਪ੍ਰਭ ਨਾਨਕ ਜਾ ਕਾ ਅੰਤੁ ਨ ਪਾਰਾਵਾਰ ॥੨॥੩॥੩੬॥ {ਪੰਨਾ 535}

ਪਦਅਰਥ:- ਧਿਆਏ—ਧਿਆਨ ਕਰਦਾ ਹੈ । ਗਾਏ—ਗਾਂਦਾ ਹੈ । ਕਰਨੈਹਾਰ—ਸਿਰਜਣਹਾਰ ਕਰਤਾਰ ਨੂੰ । ਸਹਜ—ਆਤਮਕ ਅਡੋਲਤਾ । ਅਨਿਕ—ਅਨੇਕਾਂ ਰੂਪਾਂ ਵਾਲਾ । ਉਹੀ—ਉਹ (ਪਰਮਾਤਮਾ) ਹੀ । ਰੇ—ਹੇ ਭਾਈ! ਸਮਾਰ—ਸੰਭਾਲ, ਹਿਰਦੇ ਵਿਚ ਸਾਂਭ ਰੱਖ ।੧।ਰਹਾਉ।

ਸਫਲ ਮੂਰਤਿ—ਜਿਸ ਦੇ ਸਰੂਪ ਦਾ ਦਰਸਨ ਫਲ ਦੇਂਦਾ ਹੈ । ਮੇਰੈ ਮਾਥੈ—ਮੇਰੇ ਮੱਥੇ ਉੱਤੇ । ਜਤ ਕਤ—ਜਿੱਥੇ ਕਿੱਥੇ । ਪੇਖਉ—ਪੇਖਉਂ, ਮੈਂ ਵੇਖਦਾ ਹਾਂ । ਤਤ ਤਤ—ਉੱਥੇ ਉੱਥੇ ਹੀ । ਪ੍ਰਾਨ ਅਧਾਰ—ਜਿੰਦ ਦਾ ਆਸਰਾ ।੧।

ਸਮਰਥ—ਹਰੇਕ ਤਾਕਤ ਦਾ ਮਾਲਕ । ਘਟ—ਸਰੀਰ । ਸਾਹਿਬੁ—ਮਾਲਕ । ਤਾਕੀ—ਤੱਕੀ ਹੈ । ਆਸਰ—ਆਸਰਾ । ਜਾ ਕਾ—ਜਿਸ (ਪਰਮਾਤਮਾ) ਦਾ । ਪਾਰਾਵਾਰ—ਪਾਰ ਅਵਾਰ, ਪਾਰਲਾ ਉਰਲਾ ਬੰਨਾ ।੨।

ਅਰਥ:- ਹੇ ਭਾਈ! ਜੇਹੜਾ ਮਨੁੱਖ ਸਿਰਜਣਹਾਰ ਕਰਤਾਰ ਦਾ ਧਿਆਨ ਧਰਦਾ ਹੈ ਕਰਤਾਰ ਦੇ ਗੁਣ ਗਾਂਦਾ ਹੈ, ਉਸ ਨੂੰ ਕੋਈ ਡਰ ਪੋਹ ਨਹੀਂ ਸਕਦਾ, ਉਸ ਨੂੰ ਆਤਮਕ ਅਡੋਲਤਾ ਦੇ ਸੁਖ ਆਨੰਦ ਮਿਲੇ ਰਹਿੰਦੇ ਹਨ । ਹੇ ਭਾਈ! ਤੂੰ ਉਸ ਕਰਤਾਰ ਨੂੰ ਆਪਣੇ ਹਿਰਦੇ ਵਿਚ ਸਾਂਭ ਰੱਖ, ਉਹੀ ਇੱਕ ਹੈ ਤੇ ਉਹੀ ਅਨੇਕਾਂ ਰੂਪਾਂ ਵਾਲਾ ਹੈ ।੧।ਰਹਾਉ।

ਹੇ ਭਾਈ! ਜਿਸ ਗੁਰੂ ਦਾ ਦਰਸਨ ਜੀਵਨ ਦਾ ਫਲ ਦੇਣ ਵਾਲਾ ਹੈ ਉਹ ਮੇਰੇ ਮੱਥੇ ਉੱਤੇ (ਆਪਣਾ ਹੱਥ ਰੱਖਦਾ ਹੈ, ਉਸ ਦੀ ਬਰਕਤਿ ਨਾਲ) ਮੈਂ ਜਿਧਰ ਵੇਖਦਾ ਹਾਂ ਉਧਰ ਹੀ ਪਰਮਾਤਮਾ ਮੈਨੂੰ ਆਪਣੇ ਨਾਲ ਵੱਸਦਾ ਪ੍ਰਤੀਤ ਹੁੰਦਾ ਹੈ, ਉਸ ਪਰਮਾਤਮਾ ਦੇ ਸੋਹਣੇ ਚਰਨ ਮੇਰੀ ਜਿੰਦ ਦਾ ਆਸਰਾ ਬਣ ਗਏ ਹਨ ।੧।

ਹੇ ਨਾਨਕ! (ਆਖ—ਹੇ ਭਾਈ!) ਮੈਂ ਉਸ ਪਰਮਾਤਮਾ ਦੀ ਸਰਨ ਤੱਕੀ ਹੈ ਉਸ ਪ੍ਰਭੂ ਦਾ ਆਸਰਾ ਤੱਕਿਆ ਹੈ ਜਿਸ (ਦੇ ਗੁਣਾਂ) ਦਾ ਅੰਤ ਨਹੀਂ ਪੈ ਸਕਦਾ, ਜਿਸ (ਦੇ ਸਰੂਪ) ਦਾ ਉਰਲਾ ਪਾਰਲਾ ਬੰਨਾ ਨਹੀਂ ਲੱਭ ਸਕਦਾ ।੨।੩।੩੬।

ਦੇਵਗੰਧਾਰੀ ਮਹਲਾ ੫ ॥ ਉਲਟੀ ਰੇ ਮਨ ਉਲਟੀ ਰੇ ॥ ਸਾਕਤ ਸਿਉ ਕਰਿ ਉਲਟੀ ਰੇ ॥ ਝੂਠੈ ਕੀ ਰੇ ਝੂਠੁ ਪਰੀਤਿ ਛੁਟਕੀ ਰੇ ਮਨ ਛੁਟਕੀ ਰੇ ਸਾਕਤ ਸੰਗਿ ਨ ਛੁਟਕੀ ਰੇ ॥੧॥ ਰਹਾਉ ॥ ਜਿਉ ਕਾਜਰ ਭਰਿ ਮੰਦਰੁ ਰਾਖਿਓ ਜੋ ਪੈਸੈ ਕਾਲੂਖੀ ਰੇ ॥ ਦੂਰਹੁ ਹੀ ਤੇ ਭਾਗਿ ਗਇਓ ਹੈ ਜਿਸੁ ਗੁਰ ਮਿਲਿ ਛੁਟਕੀ ਤ੍ਰਿਕੁਟੀ ਰੇ ॥੧॥ ਮਾਗਉ ਦਾਨੁ ਕ੍ਰਿਪਾਲ ਕ੍ਰਿਪਾ ਨਿਧਿ ਮੇਰਾ ਮੁਖੁ ਸਾਕਤ ਸੰਗਿ ਨ ਜੁਟਸੀ ਰੇ ॥ ਜਨ ਨਾਨਕ ਦਾਸ ਦਾਸ ਕੋ ਕਰੀਅਹੁ ਮੇਰਾ ਮੂੰਡੁ ਸਾਧ ਪਗਾ ਹੇਠਿ ਰੁਲਸੀ ਰੇ ॥੨॥੪॥੩੭॥ {ਪੰਨਾ 535}

ਪਦਅਰਥ:- ਉਲਟੀ—ਉਲਟਾ ਲੈ, ਪਰਤਾਅ ਲੈ । ਸਿਉ—ਨਾਲ, ਨਾਲੋਂ । ਸਾਕਤ—ਪਰਮਾਤਮਾ ਨਾਲੋਂ ਟੁੱਟਾ ਹੋਇਆ ਮਨੁੱਖ । ਰੇ—ਹੇ ਮਨ! ਛੁਟਕੀ ਛੁਟਕੀ—ਜ਼ਰੂਰ ਟੁੱਟ ਜਾਂਦੀ ਹੈ । ਸਾਕਤ ਸੰਗਿ—ਸਾਕਤ ਦੀ ਸੰਗਤਿ ਵਿਚ । ਨ ਛੁਟਕੀ—ਵਿਕਾਰਾਂ ਵਲੋਂ ਖ਼ਲਾਸੀ ਨਹੀਂ ਹੁੰਦੀ ।੧।ਰਹਾਉ।

ਕਾਜਰ—ਕੱਜਲ, ਕਾਲਖ । ਭਰਿ—ਭਰ ਕੇ । ਮੰਦਰੁ—ਘਰ । ਜੋ ਪੈਸੇ—ਜੇਹੜਾ ਮਨੁੱਖ (ਉਸ ਵਿਚ) ਪਏਗਾ । ਕਾਲੂਖੀ—ਕਾਲਖ-ਭਰਿਆ । ਗੁਰ ਮਿਲਿ—ਗੁਰੂ ਨੂੰ ਮਿਲ ਕੇ । ਜਿਸੁ ਤ੍ਰਿਕੁਟੀ—ਜਿਸ ਮਨੁੱਖ ਦੀ ਤ੍ਰਿਉੜੀ । ਤ੍ਰਿਕੁਟੀ—{ਤ੍ਰਿ—ਤਿੰਨ । ਕੁਟੀ—ਵਿੰਗੀ ਲਕੀਰ} ਮੱਥੇ ਦੀਆਂ ਤਿੰਨ ਵਿੰਗੀਆਂ ਲਕੀਰਾਂ; ਤ੍ਰਿਉੜੀ, ਅੰਦਰਲੀ ਖਿੱਝ ।੧।

ਮਾਗਉ—ਮਾਗਉਂ, ਮੈਂ ਮੰਗਦਾ ਹਾਂ । ਕ੍ਰਿਪਾਲ—ਹੇ ਕਿਰਪਾ ਦੇ ਘਰ! ਕ੍ਰਿਪਾਨਿਧਿ—ਹੇ ਕਿਰਪਾ ਦੇ ਖ਼ਜ਼ਾਨੇ! ਨ ਜੁਟਸੀ—ਨਾਹ ਜੁੜੇ । ਕੋ—ਦਾ । ਮੂੰਡੁ—ਸਿਰ । ਪਗ—ਪੈਰ ।੨।

ਅਰਥ:- ਹੇ ਮੇਰੇ ਮਨ! ਜੇਹੜੇ ਮਨੁੱਖ ਪਰਮਾਤਮਾ ਨਾਲੋਂ ਸਦਾ ਟੁੱਟੇ ਰਹਿੰਦੇ ਹਨ, ਉਹਨਾਂ ਨਾਲੋਂ ਆਪਣੇ ਆਪ ਨੂੰ ਸਦਾ ਪਰੇ ਰੱਖ, ਪਰੇ ਰੱਖ । ਹੇ ਮਨ! ਸਾਕਤ ਝੂਠੇ ਮਨੁੱਖ ਦੀ ਪ੍ਰੀਤ ਨੂੰ ਭੀ ਝੂਠ ਹੀ ਸਮਝ, ਇਹ ਕਦੇ ਤੋੜ ਨਹੀਂ ਨਿਭਦੀ, ਇਹ ਜ਼ਰੂਰ ਟੁੱਟ ਜਾਂਦੀ ਹੈ । ਫਿਰ, ਸਾਕਤ ਦੀ ਸੰਗਤਿ ਵਿਚ ਰਿਹਾਂ ਵਿਕਾਰਾਂ ਤੋਂ ਕਦੇ ਖ਼ਲਾਸੀ ਨਹੀਂ ਹੋ ਸਕਦੀ ।੧।ਰਹਾਉ।

ਹੇ ਮਨ! ਜਿਵੇਂ ਕੋਈ ਘਰ ਕੱਜਲ ਨਾਲ ਭਰ ਲਿਆ ਜਾਏ, ਉਸ ਵਿਚ ਜੇਹੜਾ ਭੀ ਮਨੁੱਖ ਵੜੇਗਾ ਉਹ ਕਾਲਖ ਨਾਲ ਭਰ ਜਾਏਗਾ (ਤਿਵੇਂ ਪਰਮਾਤਮਾ ਨਾਲੋਂ ਟੁੱਟੇ ਮਨੁੱਖ ਨਾਲ ਮੂੰਹ ਜੋੜਿਆਂ ਵਿਕਾਰਾਂ ਦੀ ਕਾਲਖ ਹੀ ਮਿਲੇਗੀ) । ਗੁਰੂ ਨੂੰ ਮਿਲ ਕੇ ਜਿਸ ਮਨੁੱਖ ਦੀ ਮੱਥੇ ਦੀ ਤ੍ਰਿਉੜੀ ਮਿਟ ਜਾਂਦੀ ਹੈ (ਜਿਸ ਦੇ ਅੰਦਰੋਂ ਵਿਕਾਰਾਂ ਦੀ ਖਿੱਚ ਦੂਰ ਹੋ ਜਾਂਦੀ ਹੈ) ਉਹ ਦੂਰ ਤੋਂ ਹੀ ਸਾਕਤ ਮਨੁੱਖ ਕੋਲੋਂ ਪਰੇ ਪਰੇ ਰਹਿੰਦਾ ਹੈ ।੧।

ਹੇ ਕਿਰਪਾ ਦੇ ਘਰ ਪ੍ਰਭੂ! ਹੇ ਕਿਰਪਾ ਦੇ ਖ਼ਜ਼ਾਨੇ ਪ੍ਰਭੂ! ਮੈਂ ਤੇਰੇ ਪਾਸੋਂ ਇਕ ਦਾਨ ਮੰਗਦਾ ਹਾਂ (ਮੇਹਰ ਕਰ) ਮੈਨੂੰ ਕਿਸੇ ਸਾਕਤ ਨਾਲ ਵਾਹ ਨਾਹ ਪਏ । ਹੇ ਦਾਸ ਨਾਨਕ! (ਆਖ—ਹੇ ਪ੍ਰਭੂ!) ਮੈਨੂੰ ਆਪਣੇ ਦਾਸਾਂ ਦਾ ਦਾਸ ਬਣਾ ਲੈ, ਮੇਰਾ ਸਿਰ ਤੇਰੇ ਸੰਤ ਜਨਾਂ ਦੇ ਪੈਰਾਂ ਹੇਠ ਪਿਆ ਰਹੇ ।੨।੪।੩੭।

ਰਾਗੁ ਦੇਵਗੰਧਾਰੀ ਮਹਲਾ ੫ ਘਰੁ ੭ ੴ ਸਤਿਗੁਰ ਪ੍ਰਸਾਦਿ ॥ ਸਭ ਦਿਨ ਕੇ ਸਮਰਥ ਪੰਥ ਬਿਠੁਲੇ ਹਉ ਬਲਿ ਬਲਿ ਜਾਉ ॥ ਗਾਵਨ ਭਾਵਨ ਸੰਤਨ ਤੋਰੈ ਚਰਨ ਉਵਾ ਕੈ ਪਾਉ ॥੧॥ ਰਹਾਉ ॥ ਜਾਸਨ ਬਾਸਨ ਸਹਜ ਕੇਲ ਕਰੁਣਾ ਮੈ ਏਕ ਅਨੰਤ ਅਨੂਪੈ ਠਾਉ ॥੧॥ ਰਿਧਿ ਸਿਧਿ ਨਿਧਿ ਕਰ ਤਲ ਜਗਜੀਵਨ ਸ੍ਰਬ ਨਾਥ ਅਨੇਕੈ ਨਾਉ ॥ ਦਇਆ ਮਇਆ ਕਿਰਪਾ ਨਾਨਕ ਕਉ ਸੁਨਿ ਸੁਨਿ ਜਸੁ ਜੀਵਾਉ ॥੨॥੧॥੩੮॥੬॥੪੪॥ {ਪੰਨਾ 536}

ਪਦਅਰਥ:- ਸਭ ਦਿਨ ਕੇ—ਸਦਾ ਹੀ । ਸਮਰਥ ਪੰਥ—ਜੀਵਨ-ਰਾਹ ਦੱਸਣ ਦੀ ਸਮਰਥਾ ਵਾਲੇ । ਬਿਠੁਲੇ—ਹੇ ਬੀਠੁਲ! ਹੇ ਮਾਇਆ ਦੇ ਪ੍ਰਭਾਵ ਤੋਂ ਪਰੇ ਰਹਿਣ ਵਾਲੇ ਪ੍ਰਭੂ! {ਬਿਠੁਲ—iv-sQl, iv^Tl । ਮਾਇਆ ਦੇ ਪ੍ਰਭਾਵ ਤੋਂ ਪਰੇ ਖਲੋਤਾ ਹੋਇਆ} । ਹਉ ਜਾਉ—ਮੈਂ ਜਾਂਦਾ ਹਾਂ, ਜਾਉਂ । ਬਲਿ ਬਲਿ—ਕੁਰਬਾਨ । ਉਵਾ ਕੇ ਚਰਨ ਪਾਉ—ਉਹਨਾਂ ਦੇ ਚਰਨਾਂ ਤੇ ਪਿਆ ਰਹਾਂ । ਪਾਉ—ਪਾਉਂ, ਮੈਂ ਪਿਆ ਰਿਹਾਂ ।੧।ਰਹਾਉ।

ਜਾਸ—ਜਿਨ੍ਹਾਂ ਨੂੰ । ਬਾਸਨ—ਵਾਸਨਾ । ਸਹਜ ਕੇਲ—ਆਤਮਕ ਅਡੋਲਤਾ ਦੇ ਆਨੰਦ । ਕਰੁਣਾ ਮੈ—ਹੇ ਤਰਸ-ਸਰੂਪ! ਕਰੁਣਾ—ਤਰਸ । ਮੈ—ਮਯ, ਭਰਪੂਰ । ਅਨੂਪੈ—ਅਨੂਪ ਵਿਚ । ਠਾਉ—ਥਾਂ ।੧।

ਰਿਧਿ ਸਿਧਿ—ਕਰਾਮਾਤੀ ਤਾਕਤਾਂ । ਨਿਧਿ—ਖ਼ਜ਼ਾਨੇ । ਕਰ ਤਲ—ਹੱਥਾਂ ਦੀਆਂ ਤਲੀਆਂ ਉੱਤੇ । ਜਗ ਜੀਵਨ—ਹੇ ਜਗਤ ਦੇ ਜੀਵਨ ਪ੍ਰਭੂ! ਸ੍ਰਬ ਨਾਥ—ਹੇ ਸਭਨਾਂ ਦੇ ਖਸਮ! ਮਇਆ—ਕਿਰਪਾ । ਸੁਨਿ—ਸੁਣ ਕੇ । ਜੀਵਾਉ—ਜੀਵਉਂ ।੨।

ਅਰਥ:- ਹੇ ਮਾਇਆ ਦੇ ਪ੍ਰਭਾਵ ਤੋਂ ਪਰੇ ਰਹਿਣ ਵਾਲੇ ਪ੍ਰਭੂ! (ਮੇਹਰ ਕਰ) ਮੈਂ ਤੇਰੇ ਉਹਨਾਂ ਸੰਤਾਂ ਦੇ ਚਰਨਾਂ ਵਿਚ ਪਿਆ ਰਹਾਂ, ਤੇ ਉਹਨਾਂ ਸੰਤਾਂ ਤੋਂ ਸਦਕੇ ਜਾਂਦਾ ਰਹਾਂ, ਜੋ ਤੇਰੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦੇ ਰਹਿੰਦੇ ਹਨ, ਜੋ ਤੈਨੂੰ ਚੰਗੇ ਲੱਗਦੇ ਹਨ, ਤੇ, ਜੋ ਸਦਾ ਹੀ ਜੀਵਨ-ਰਾਹ ਦੱਸਣ ਦੇ ਸਮਰੱਥ ਹਨ ।੧।ਰਹਾਉ।

ਹੇ ਤਰਸ-ਸਰੂਪ ਪ੍ਰਭੂ! (ਮੇਹਰ ਕਰ, ਮੈਂ ਉਹਨਾਂ ਸੰਤਾਂ ਦੇ ਚਰਨਾਂ ਵਿਚ ਪਿਆ ਰਹਾਂ) ਜਿਨ੍ਹਾਂ ਨੂੰ ਹੋਰ ਕੋਈ ਵਾਸਨਾ ਨਹੀਂ, ਜੋ ਸਦਾ ਆਤਮਕ ਅਡੋਲਤਾ ਦੇ ਰੰਗ ਮਾਣਦੇ ਹਨ, ਜੋ ਸਦਾ ਤੇਰੇ ਬੇਅੰਤ ਤੇ ਸੋਹਣੇ ਸਰੂਪ ਵਿਚ ਟਿਕੇ ਰਹਿੰਦੇ ਹਨ ।੧।

ਹੇ ਜਗਤ ਦੇ ਜੀਵਨ ਪ੍ਰਭੂ! ਹੇ ਸਭਨਾਂ ਦੇ ਖਸਮ ਪ੍ਰਭੂ! ਹੇ ਅਨੇਕਾਂ ਨਾਮਾਂ ਵਾਲੇ ਪ੍ਰਭੂ! ਰਿਧੀਆਂ ਸਿਧੀਆਂ ਤੇ ਨਿਧੀਆਂ ਤੇਰੇ ਹੱਥਾਂ ਦੀਆਂ ਤਲੀਆਂ ਉਤੇ (ਸਦਾ ਟਿਕੀਆਂ ਰਹਿੰਦੀਆਂ ਹਨ) । ਹੇ ਪ੍ਰਭੂ! (ਆਪਣੇ) ਦਾਸ ਨਾਨਕ ਉੱਤੇ ਦਇਆ ਕਰ, ਮੇਹਰ ਕਰ, ਕਿਰਪਾ ਕਰ ਕਿ (ਤੇਰੇ ਸੰਤ ਜਨਾਂ ਤੋਂ ਤੇਰੀ) ਸਿਫ਼ਤਿ-ਸਾਲਾਹ ਸੁਣ ਸੁਣ ਕੇ ਮੈਂ ਨਾਨਕ ਆਤਮਕ ਜੀਵਨ ਹਾਸਲ ਕਰਦਾ ਰਹਾਂ ।੨।੧।੩੮।੬।੪੪।

ਨੋਟ:- ਅੰਕ ੧—'ਘਰੁ ੭' ਦਾ ਇਹ ਇਕ ਸ਼ਬਦ ਹੈ ।

ਸ਼ਬਦ ਮ: ੪ — ੬

ਸ਼ਬਦ ਮ: ੫ — ੩੮

. . . . ——

. .ਜੋੜ ੪੪

ੴ ਸਤਿਗੁਰ ਪ੍ਰਸਾਦਿ ॥ ਰਾਗੁ ਦੇਵਗੰਧਾਰੀ ਮਹਲਾ ੯ ॥ ਯਹ ਮਨੁ ਨੈਕ ਨ ਕਹਿਓ ਕਰੈ ॥ ਸੀਖ ਸਿਖਾਇ ਰਹਿਓ ਅਪਨੀ ਸੀ ਦੁਰਮਤਿ ਤੇ ਨ ਟਰੈ ॥੧॥ ਰਹਾਉ ॥ ਮਦਿ ਮਾਇਆ ਕੈ ਭਇਓ ਬਾਵਰੋ ਹਰਿ ਜਸੁ ਨਹਿ ਉਚਰੈ ॥ ਕਰਿ ਪਰਪੰਚੁ ਜਗਤ ਕਉ ਡਹਕੈ ਅਪਨੋ ਉਦਰੁ ਭਰੈ ॥੧॥ ਸੁਆਨ ਪੂਛ ਜਿਉ ਹੋਇ ਨ ਸੂਧੋ ਕਹਿਓ ਨ ਕਾਨ ਧਰੈ ॥ ਕਹੁ ਨਾਨਕ ਭਜੁ ਰਾਮ ਨਾਮ ਨਿਤ ਜਾ ਤੇ ਕਾਜੁ ਸਰੈ ॥੨॥੧॥ {ਪੰਨਾ 536}

ਪਦਅਰਥ:- ਯਹ ਮਨੁ—ਇਹ ਮਨ । ਨੈਕ—ਰਤਾ ਭਰ ਭੀ । ਕਹਿਓ—ਕਿਹਾ ਹੋਇਆ ਉਪਦੇਸ਼, ਦਿੱਤੀ ਹੋਈ ਸਿੱਖਿਆ । ਸੀਖ—ਸਿੱਖਿਆ । ਰਹਿਓ—ਮੈਂ ਥੱਕ ਗਿਆ ਹਾਂ । ਅਪਨੀ ਸੀ—ਆਪਣੇ ਵਲੋਂ । ਤੇ—ਤੋਂ । ਟਰੈ—ਟਲਦਾ, ਟਲੈ ।੧।ਰਹਾਉ।

ਮਦਿ—ਨਸ਼ੇ ਵਿਚ । ਬਾਵਰੇ—ਝੱਲਾ । ਜਸੁ—ਸਿਫ਼ਤਿ-ਸਾਲਾਹ । ਉਚਰੈ—ਉਚਾਰਦਾ । ਪਰਪੰਚੁ—ਵਿਖਾਵਾ, ਠੱਗੀ । ਕਉ—ਨੂੰ । ਡਹਕੈ—ਠੱਗਦਾ ਹੈ, ਛਲ ਰਿਹਾ ਹੈ । ਉਦਰੁ—ਪੇਟ ।੧।

ਸੁਆਨ—ਕੁੱਤਾ । ਜਿਉ—ਵਾਂਗ । ਸੂਧੋ—ਸਿੱਧਾ, ਸੁੱਚੇ ਜੀਵਨ ਵਾਲਾ । ਨ ਕਾਨ ਧਰੈ—ਕੰਨਾਂ ਵਿਚ

ਨਹੀਂ ਧਰਦਾ, ਧਿਆਨ ਨਾਲ ਨਹੀਂ ਸੁਣਦਾ । ਭਜੁ—ਭਜਨ ਕਰ । ਜਾ ਤੇ—ਜਿਸ ਨਾਲ । ਕਾਜੁ—(ਮਨੁੱਖਾ ਜੀਵਨ ਦਾ ਜ਼ਰੂਰੀ) ਕੰਮ । ਸਰੈ—ਸਿਰੇ ਚੜ੍ਹ ਜਾਏ ।੨।

ਅਰਥ:- ਹੇ ਭਾਈ! ਇਹ ਮਨ ਰਤਾ ਭਰ ਭੀ ਮੇਰਾ ਕਿਹਾ ਨਹੀਂ ਮੰਨਦਾ । ਮੈਂ ਆਪਣੇ ਵਲੋਂ ਇਸ ਨੂੰ ਸਿੱਖਿਆ ਦੇ ਦੇ ਕੇ ਥੱਕ ਗਿਆ ਹਾਂ, ਫਿਰ ਭੀ ਇਹ ਖੋਟੀ ਮਤਿ ਵਲੋਂ ਹਟਦਾ ਨਹੀਂ ।੧।ਰਹਾਉ।

ਹੇ ਭਾਈ! ਮਾਇਆ ਦੇ ਨਸ਼ੇ ਵਿਚ ਇਹ ਮਨ ਝੱਲਾ ਹੋਇਆ ਪਿਆ ਹੈ, ਕਦੇ ਇਹ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ ਨਹੀਂ ਉਚਾਰਦਾ, ਵਿਖਾਵਾ ਕਰ ਕੇ ਦੁਨੀਆ ਨੂੰ ਠੱਗਦਾ ਰਹਿੰਦਾ ਹੈ, ਤੇ, (ਠੱਗੀ ਨਾਲ ਇਕੱਠੇ ਕੀਤੇ ਧਨ ਦੀ ਰਾਹੀਂ) ਆਪਣਾ ਪੇਟ ਭਰਦਾ ਰਹਿੰਦਾ ਹੈ ।੧।

ਹੇ ਭਾਈ! ਕੁੱਤੇ ਦੀ ਪੂਛਲ ਵਾਂਗ ਇਹ ਮਨ ਕਦੇ ਭੀ ਸਿੱਧਾ ਨਹੀਂ ਹੁੰਦਾ, (ਕਿਸੇ ਦੀ ਭੀ) ਦਿੱਤੀ ਹੋਈ ਸਿੱਖਿਆ ਨੂੰ ਧਿਆਨ ਨਾਲ ਨਹੀਂ ਸੁਣਦਾ । ਹੇ ਨਾਨਕ! (ਮੁੜ ਇਸ ਨੂੰ) ਆਖ—(ਹੇ ਮਨ!) ਪਰਮਾਤਮਾ ਦੇ ਨਾਮ ਦਾ ਭਜਨ ਕਰਿਆ ਕਰ ਜਿਸ ਦੀ ਬਰਕਤਿ ਨਾਲ ਤੇਰਾ ਜਨਮ-ਮਨੋਰਥ ਹੱਲ ਹੋ ਜਾਏ ।੨।੧।

ਦੇਵਗੰਧਾਰੀ ਮਹਲਾ ੯ ॥ ਸਭ ਕਿਛੁ ਜੀਵਤ ਕੋ ਬਿਵਹਾਰ ॥ ਮਾਤ ਪਿਤਾ ਭਾਈ ਸੁਤ ਬੰਧਪ ਅਰੁ ਫੁਨਿ ਗ੍ਰਿਹ ਕੀ ਨਾਰਿ ॥੧॥ ਰਹਾਉ ॥ ਤਨ ਤੇ ਪ੍ਰਾਨ ਹੋਤ ਜਬ ਨਿਆਰੇ ਟੇਰਤ ਪ੍ਰੇਤਿ ਪੁਕਾਰਿ ॥ ਆਧ ਘਰੀ ਕੋਊ ਨਹਿ ਰਾਖੈ ਘਰ ਤੇ ਦੇਤ ਨਿਕਾਰਿ ॥੧॥ ਮ੍ਰਿਗ ਤ੍ਰਿਸਨਾ ਜਿਉ ਜਗ ਰਚਨਾ ਯਹ ਦੇਖਹੁ ਰਿਦੈ ਬਿਚਾਰਿ ॥ ਕਹੁ ਨਾਨਕ ਭਜੁ ਰਾਮ ਨਾਮ ਨਿਤ ਜਾ ਤੇ ਹੋਤ ਉਧਾਰ ॥੨॥੨॥ {ਪੰਨਾ 536}

ਪਦਅਰਥ:- ਬਿਵਹਾਰ—ਵਰਤਣ-ਵਿਹਾਰ । ਸਭ ਕਿਛੁ—ਸਾਰਾ । ਕੋ—ਦਾ । ਜੀਵਤ ਕੋ—ਜਿਊਂਦਿਆਂ ਦਾ । ਮਾਤ—ਮਾਂ । ਭਾਈ—ਭਰਾ । ਸੁਤ—ਪੁੱਤਰ । ਬੰਧਪ—ਰਿਸ਼ਤੇਦਾਰ । ਅਰੁ—ਅਤੇ । ਫੁਨਿ—ਮੁੜ । ਗ੍ਰਿਹ ਕੀ ਨਾਰਿ—ਘਰ ਦੀ ਇਸਤ੍ਰੀ ।੧।ਰਹਾਉ।

ਤੇ—ਤੋਂ, ਨਾਲੋਂ । ਪ੍ਰਾਨ—ਜਿੰਦ । ਨਿਆਰੇ—ਵੱਖਰੇ । ਟੇਰਤ—ਆਖਦੇ ਹਨ । ਪ੍ਰੇਤ—ਗੁਜ਼ਰ ਚੁੱਕਾ, ਕਰ ਚੁੱਕਾ । ਪੁਕਾਰਿ—ਪੁਕਾਰ ਕੇ । ਕੋਊ—ਕੋਈ ਭੀ ਸਨਬੰਧੀ । ਘਰ ਤੇ—ਘਰ ਤੋਂ । ਨਿਕਾਰਿ—ਨਿਕਾਲ ।੧।

ਮ੍ਰਿਗਤ੍ਰਿਸਨਾ—ਠਗ-ਨੀਰਾ (ਚਮਕਦੀ ਰੇਤ ਤ੍ਰਿਹਾਏ ਹਰਨ ਨੂੰ ਪਾਣੀ ਜਾਪਦਾ ਹੈ, ਉਹ ਪਾਣੀ ਪੀਣ ਲਈ ਦੌੜਦਾ ਹੈ, ਚਮਕਦੀ ਰੇਤ ਅਗਾਂਹ ਅਗਾਂਹ ਜਾਂਦਾ ਪਾਣੀ ਹੀ ਜਾਪਦਾ ਹੈ । ਦੌੜ ਦੌੜ ਕੇ ਹਰਨ ਜਿੰਦ ਗਵਾ ਲੈਂਦਾ ਹੈ) । ਰਚਨਾ—ਖੇਡ, ਬਣਤਰ । ਯਹ—ਇਹ । ਰਿਦੈ—ਹਿਰਦੇ ਵਿਚ । ਬਿਚਾਰਿ—ਵਿਚਾਰ ਕੇ । ਜਾ ਤੇ—ਜਿਸ ਨਾਲ । ਉਧਾਰੁ—ਪਾਰ-ਉਤਾਰਾ ।੨।

ਅਰਥ:- ਹੇ ਭਾਈ! ਮਾਂ, ਪਿਉ, ਭਰਾ, ਪੁੱਤਰ, ਰਿਸ਼ਤੇਦਾਰ ਅਤੇ ਘਰ ਦੀ ਵਹੁਟੀ ਭੀ—ਇਹ ਸਭ ਕੁਝ ਜਿਊਂਦਿਆਂ ਦਾ ਹੀ ਮੇਲ-ਜੋਲ ਹੈ ।੧।ਰਹਾਉ।

ਹੇ ਭਾਈ! (ਮੌਤ ਆਉਣ ਤੇ) ਜਦੋਂ ਜਿੰਦ ਸਰੀਰ ਨਾਲੋਂ ਵੱਖਰੀ ਹੋ ਜਾਂਦੀ ਹੈ, ਤਾਂ (ਇਹ ਸਾਰੇ ਸਨਬੰਧੀ) ਉੱਚੀ ਉੱਚੀ ਆਖਦੇ ਹਨ ਕਿ ਇਹ ਗੁਜ਼ਰ ਚੁੱਕਾ ਹੈ ਗੁਜ਼ਰ ਚੁੱਕਾ ਹੈ । ਕੋਈ ਭੀ ਸਨਬੰਧੀ ਅੱਧੀ ਘੜੀ ਲਈ ਭੀ (ਉਸ ਨੂੰ) ਘਰ ਵਿਚ ਨਹੀਂ ਰੱਖਦਾ, ਘਰ ਤੋਂ ਕੱਢ ਦੇਂਦੇ ਹਨ ।੧।

ਹੇ ਭਾਈ! ਆਪਣੇ ਹਿਰਦੇ ਵਿਚ ਵਿਚਾਰ ਕੇ ਵੇਖ ਲਵੋ, ਇਹ ਜਗਤ-ਖੇਡ ਠਗ-ਨੀਰੇ ਵਾਂਗ ਹੈ (ਤ੍ਰਿਹਾਏ ਹਰਨ ਦੇ ਪਾਣੀ ਪਿੱਛੇ ਦੌੜਨ ਵਾਂਗ ਮਨੁੱਖ ਮਾਇਆ ਪਿੱਛੇ ਦੌੜ ਦੌੜ ਕੇ ਆਤਮਕ ਮੌਤੇ ਮਰ ਜਾਂਦਾ ਹੈ) । ਹੇ ਨਾਨਕ! ਆਖ—(ਹੇ ਭਾਈ!) ਸਦਾ ਪਰਮਾਤਮਾ ਦੇ ਨਾਮ ਦਾ ਭਜਨ ਕਰਿਆ ਕਰ ਜਿਸ ਦੀ ਬਰਕਤਿ ਨਾਲ (ਸੰਸਾਰ ਦੇ ਮੋਹ ਤੋਂ) ਪਾਰ-ਉਤਾਰਾ ਹੁੰਦਾ ਹੈ ।੨।੨।

ਦੇਵਗੰਧਾਰੀ ਮਹਲਾ ੯ ॥ ਜਗਤ ਮੈ ਝੂਠੀ ਦੇਖੀ ਪ੍ਰੀਤਿ ॥ ਅਪਨੇ ਹੀ ਸੁਖ ਸਿਉ ਸਭ ਲਾਗੇ ਕਿਆ ਦਾਰਾ ਕਿਆ ਮੀਤ ॥੧॥ ਰਹਾਉ ॥ ਮੇਰਉ ਮੇਰਉ ਸਭੈ ਕਹਤ ਹੈ ਹਿਤ ਸਿਉ ਬਾਧਿਓ ਚੀਤ ॥ ਅੰਤਿ ਕਾਲਿ ਸੰਗੀ ਨਹ ਕੋਊ ਇਹ ਅਚਰਜ ਹੈ ਰੀਤਿ ॥੧॥ ਮਨ ਮੂਰਖ ਅਜਹੂ ਨਹ ਸਮਝਤ ਸਿਖ ਦੈ ਹਾਰਿਓ ਨੀਤ ॥ ਨਾਨਕ ਭਉਜਲੁ ਪਾਰਿ ਪਰੈ ਜਉ ਗਾਵੈ ਪ੍ਰਭ ਕੇ ਗੀਤ ॥੨॥੩॥੬॥੩੮॥੪੭॥ {ਪੰਨਾ 536}

ਪਦਅਰਥ:- ਮਹਿ—ਵਿਚ । ਪ੍ਰੀਤਿ—ਪਿਆਰ । ਸਿਉ—ਨਾਲ, ਦੀ ਖ਼ਾਤਰ । ਸਭਿ—ਸਾਰੇ (ਸਨਬੰਧੀ) । ਕਿਆ—ਕੀਹ, ਚਾਹੇ, ਭਾਵੇਂ । ਦਾਰਾ—ਇਸਤ੍ਰੀ ।੧।ਰਹਾਉ।

ਮੇਰਉ—ਮੇਰਾ । ਹਿਤ—ਮੋਹ । ਸਿਉ—ਨਾਲ । ਬਾਧਿਓ—ਬੱਝਾ ਹੋਇਆ । ਅੰਤਿ ਕਾਲਿ—ਅਖ਼ੀਰਲੇ ਸਮੇ । ਸੰਗੀ—ਸਾਥੀ । ਕੋਊ—ਕੋਈ ਭੀ । ਰੀਤਿ—ਮਰਯਾਦਾ, ਜਗਤ-ਚਾਲ ।੧।

ਮਨ—ਹੇ ਮਨ! ਅਜਹੂ—ਅਜੇ ਭੀ । ਸਿਖ—ਸਿੱਖਿਆ । ਦੈ—ਦੇ ਕੇ । ਨੀਤ—ਨਿੱਤ, ਸਦਾ । ਭਉਜਲੁ—ਸੰਸਾਰ-ਸਮੁੰਦਰ । ਜਉ—ਜਦੋਂ ।੨।

ਅਰਥ:- ਹੇ ਭਾਈ! ਦੁਨੀਆ ਵਿਚ (ਸਨਬੰਧੀਆਂ ਦਾ) ਪਿਆਰ ਮੈਂ ਝੂਠਾ ਹੀ ਵੇਖਿਆ ਹੈ । ਚਾਹੇ ਇਸਤ੍ਰੀ ਹੈ ਚਾਹੇ ਮਿੱਤਰ ਹਨ—ਸਾਰੇ ਆਪੋ ਆਪਣੇ ਸੁਖ ਦੀ ਖ਼ਾਤਰ ਹੀ (ਮਨੁੱਖ ਦੇ) ਨਾਲ ਤੁਰੇ ਫਿਰਦੇ ਹਨ ।੧।ਰਹਾਉ।

ਹੇ ਭਾਈ! (ਸਭਨਾਂ ਦਾ) ਚਿੱਤ ਮੋਹ ਨਾਲ ਬੱਝਾ ਹੁੰਦਾ ਹੈ (ਉਸ ਮੋਹ ਦੇ ਕਾਰਨ) ਹਰ ਕੋਈ ਇਹੀ ਆਖਦਾ ਹੈ 'ਇਹ ਮੇਰਾ ਹੈ, ਇਹ ਮੇਰਾ ਹੈ' । ਪਰ ਅਖ਼ੀਰਲੇ ਵੇਲੇ ਕੋਈ ਭੀ ਸਾਥੀ ਨਹੀਂ ਬਣਦਾ । (ਜਗਤ ਦੀ) ਇਹ ਅਚਰਜ ਮਰਯਾਦਾ ਚਲੀ ਆ ਰਹੀ ਹੈ ।੧।

ਹੇ ਮੂਰਖ ਮਨ! ਤੈਨੂੰ ਮੈਂ ਸਦਾ ਸਿੱਖਿਆ ਦੇ ਦੇ ਕੇ ਥੱਕ ਗਿਆ ਹਾਂ, ਤੂੰ ਅਜੇ ਭੀ ਅਕਲ ਨਹੀਂ ਕਰਦਾ । ਹੇ ਨਾਨਕ! (ਆਖ—ਹੇ ਭਾਈ!) ਜਦੋਂ ਮਨੁੱਖ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦਾ ਹੈ, ਤਦੋਂ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ ।੨।੩।੬।੩੮।੪੭।

ਸ਼ਬਦ ਮ: ੯ — ੩
ਸ਼ਬਦ ਮ: ੪ — ੬
ਸ਼ਬਦ ਮ: ੫ — ੩੮
. . . . ——
. . . . ਜੋੜ . . ੪੭

ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥ ਰਾਗੁ ਬਿਹਾਗੜਾ ਚਉਪਦੇ ਮਹਲਾ ੫ ਘਰੁ ੨ ॥ ਦੂਤਨ ਸੰਗਰੀਆ ॥ ਭੁਇਅੰਗਨਿ ਬਸਰੀਆ ॥ ਅਨਿਕ ਉਪਰੀਆ ॥੧॥ ਤਉ ਮੈ ਹਰਿ ਹਰਿ ਕਰੀਆ ॥ ਤਉ ਸੁਖ ਸਹਜਰੀਆ ॥੧॥ ਰਹਾਉ ॥ ਮਿਥਨ ਮੋਹਰੀਆ ॥ ਅਨ ਕਉ ਮੇਰੀਆ ॥ ਵਿਚਿ ਘੂਮਨ ਘਿਰੀਆ ॥੨॥ ਸਗਲ ਬਟਰੀਆ ॥ ਬਿਰਖ ਇਕ ਤਰੀਆ ॥ ਬਹੁ ਬੰਧਹਿ ਪਰੀਆ ॥੩॥ ਥਿਰੁ ਸਾਧ ਸਫਰੀਆ ॥ ਜਹ ਕੀਰਤਨੁ ਹਰੀਆ ॥ ਨਾਨਕ ਸਰਨਰੀਆ ॥੪॥੧॥ {ਪੰਨਾ 537}

ਪਦਅਰਥ:- ਦੂਤਨ ਸੰਗਰੀਆ—ਕਾਮਾਦਿਕ ਵੈਰੀਆਂ ਦੀ ਸੰਗਤਿ । ਭੁਇਅੰਗ—ਸੱਪ । ਬਸਰੀਆ—ਵਾਸ । ਅਨਿਕ—ਅਨੇਕਾਂ ਨੂੰ । ਉਪਰੀਆ—ਉਪਾੜਿਆ, ਤਬਾਹ ਕੀਤਾ ਹੈ ।੧।

ਤਉ—ਤਦੋਂ । ਸੁਖ ਸਹਜਰੀਆ—ਆਤਮਕ ਅਡੋਲਤਾ ਦੇ ਸੁਖ ।੧।ਰਹਾਉ।

ਮਿਥਨ ਮੋਹਰੀਆ—ਮਿਥਨ ਮੋਹ, ਝੂਠਾ ਮੋਹ । ਅਨ ਕਉ—ਹੋਰਨਾਂ (ਪਦਾਰਥਾਂ) ਨੂੰ ।੨।

ਬਟਰੀਆ—(ਵਾਟ—ਰਸਤਾ) ਰਾਹੀ, ਮੁਸਾਫ਼ਿਰ । ਇਕਤਰੀਆ—ਇਕੱਤਰ ਹੋਏ ਹੋਏ । ਬੰਧਹਿ—ਬੰਧਨਾਂ ਵਿਚ । ਪਰੀਆ—ਪਏ ਹੋਏ ।੩।

ਸਫਰੀਆ—ਸਫ਼, ਸਭਾ, ਸੰਗਤਿ । ਜਹ—ਜਿੱਥੇ ।੪।

ਨੋਟ:- ਸਿਰਲੇਖ ਵਿਚ ਲਫ਼ਜ਼ 'ਚਉਪਦੇ' (ਬਹੁ-ਵਚਨ) ਲਿਖਿਆ ਹੈ, ਪਰ ਹੈ ਇਕੋ ਹੀ ਚਉਪਦਾ ।

ਅਰਥ:- ਹੇ ਭਾਈ! ਕਾਮਾਦਿਕ ਵੈਰੀਆਂ ਦੀ ਸੰਗਤਿ ਸੱਪਾਂ ਨਾਲ ਵਾਸ (ਦੇ ਬਰਾਬਰ) ਹੈ, (ਇਹਨਾਂ ਦੂਤਾਂ ਨੇ) ਅਨੇਕਾਂ (ਦੇ ਜੀਵਨ) ਨੂੰ ਤਬਾਹ ਕੀਤਾ ਹੈ ।੧।

(ਹੇ ਭਾਈ!) ਤਾਹੀਏਂ ਮੈਂ ਸਦਾ ਪਰਮਾਤਮਾ ਦਾ ਨਾਮ ਜਪਦਾ ਹਾਂ (ਜਦੋਂ ਤੋਂ ਨਾਮ ਜਪ ਰਿਹਾ ਹਾਂ) ਤਦੋਂ (ਤੋਂ) ਮੈਨੂੰ ਆਤਮਕ ਅਡੋਲਤਾ ਦੇ ਸੁਖ ਆਨੰਦ ਪ੍ਰਾਪਤ ਹਨ ।੧।ਰਹਾਉ।

ਹੇ ਭਾਈ! ਜੀਵ ਨੂੰ ਝੂਠਾ ਮੋਹ ਚੰਬੜਿਆ ਹੋਇਆ ਹੈ (ਪਰਮਾਤਮਾ ਤੋਂ ਬਿਨਾ) ਹੋਰ ਹੋਰ ਪਦਾਰਥਾਂ ਨੂੰ 'ਮੇਰੇ, ਮੇਰੇ' ਸਮਝਦਾ ਰਹਿੰਦਾ ਹੈ, (ਸਾਰੀ ਉਮਰ) ਮੋਹ ਦੀ ਘੁੰਮਣਘੇਰੀ ਵਿਚ ਫਸਿਆ ਰਹਿੰਦਾ ਹੈ ।੨।

ਹੇ ਭਾਈ! ਸਾਰੇ ਜੀਵ (ਇਥੇ) ਰਾਹੀ ਹੀ ਹਨ, (ਸੰਸਾਰ-) ਰੁੱਖ ਦੇ ਹੇਠ ਇਕੱਠੇ ਹੋਏ ਹੋਏ ਹਨ, ਪਰ (ਮਾਇਆ ਦੇ) ਬਹੁਤ ਬੰਧਨਾਂ ਵਿਚ ਫਸੇ ਹੋਏ ਹਨ ।੩।

ਹੇ ਭਾਈ! ਸਿਰਫ਼ ਗੁਰੂ ਦੀ ਸੰਗਤਿ ਹੀ ਸਦਾ-ਥਿਰ ਰਹਿਣ ਵਾਲਾ ਟਿਕਾਣਾ ਹੈ ਕਿਉਂਕਿ ਉਥੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਹੁੰਦੀ ਰਹਿੰਦੀ ਹੈ । ਹੇ ਨਾਨਕ! (ਆਖ—ਮੈਂ ਸਾਧ ਸੰਗਤਿ ਦੀ) ਸਰਨ ਆਇਆ ਹਾਂ ।੪।੧।

ੴ ਸਤਿਗੁਰ ਪ੍ਰਸਾਦਿ ॥ ਰਾਗੁ ਬਿਹਾਗੜਾ ਮਹਲਾ ੯ ॥ ਹਰਿ ਕੀ ਗਤਿ ਨਹਿ ਕੋਊ ਜਾਨੈ ॥ ਜੋਗੀ ਜਤੀ ਤਪੀ ਪਚਿ ਹਾਰੇ ਅਰੁ ਬਹੁ ਲੋਗ ਸਿਆਨੇ ॥੧॥ ਰਹਾਉ ॥ ਛਿਨ ਮਹਿ ਰਾਉ

ਰੰਕ ਕਉ ਕਰਈ ਰਾਉ ਰੰਕ ਕਰਿ ਡਾਰੇ ॥ ਰੀਤੇ ਭਰੇ ਭਰੇ ਸਖਨਾਵੈ ਯਹ ਤਾ ਕੋ ਬਿਵਹਾਰੇ ॥੧॥ ਅਪਨੀ ਮਾਇਆ ਆਪਿ ਪਸਾਰੀ ਆਪਹਿ ਦੇਖਨਹਾਰਾ ॥ ਨਾਨਾ ਰੂਪੁ ਧਰੇ ਬਹੁ ਰੰਗੀ ਸਭ ਤੇ ਰਹੈ ਨਿਆਰਾ ॥੨॥ ਅਗਨਤ ਅਪਾਰੁ ਅਲਖ ਨਿਰੰਜਨ ਜਿਹ ਸਭ ਜਗੁ ਭਰਮਾਇਓ ॥ ਸਗਲ ਭਰਮ ਤਜਿ ਨਾਨਕ ਪ੍ਰਾਣੀ ਚਰਨਿ ਤਾਹਿ ਚਿਤੁ ਲਾਇਓ ॥੩॥੧॥੨॥ {ਪੰਨਾ 537}

ਪਦਅਰਥ:- ਗਤਿ—ਉੱਚੀ ਆਤਮਕ ਅਵਸਥਾ । ਕੋਊ—ਕੋਈ ਭੀ । ਪਚਿ—ਖਪ ਖਪ ਕੇ । ਹਾਰੇ—ਥੱਕ ਗਏ ਹਨ । ਅਰੁ—ਅਤੇ ।੧।ਰਹਾਉ।

ਰਾਉ—ਰਾਜਾ । ਰੰਕ ਕਉ—ਕੰਗਾਲ ਨੂੰ । ਕਰਈ—ਕਰਏ, ਕਰੈ, ਬਣਾ ਦੇਂਦਾ ਹੈ । ਯਹ—ਇਹ । ਬਿਵਹਾਰੇ—ਨਿੱਤ ਦਾ ਕੰਮ ।੧।

ਪਸਾਰੀ—ਖਿਲਾਰੀ ਹੋਈ । ਆਪਹਿ—ਆਪ ਹੀ । ਦੇਖਨਹਾਰਾ—ਸੰਭਾਲ ਕਰਨ ਵਾਲਾ । ਨਾਨਾ—ਕਈ ਤਰ੍ਹਾਂ ਦੇ । ਧਰੇ—ਬਣਾ ਲੈਂਦਾ ਹੈ, ਧਾਰ ਲੈਂਦਾ ਹੈ । ਬਹੁ ਰੰਗੀ—ਅਨੇਕਾਂ ਰੰਗਾਂ ਦਾ ਮਾਲਕ । ਤੇ—ਤੋਂ । ਨਿਆਰਾ—ਵੱਖਰਾ ਹੈ ।੨।

ਅਗਨਤ—ਜਿਸ ਦੇ ਗੁਣ ਗਿਣੇ ਨਾਹ ਜਾ ਸਕਣ । ਅਪਾਰੁ—ਜਿਸ ਦਾ ਪਾਰਲਾ ਬੰਨਾ ਨਾਹ ਲੱਭ ਸਕੇ । ਅਲਖ—ਜਿਸ ਦਾ ਸਰੂਪ ਸਮਝ ਵਿਚ ਨਾਹ ਆ ਸਕੇ । ਨਿਰੰਜਨ—ਮਾਇਆ ਦੇ ਪ੍ਰਭਾਵ ਤੋਂ ਪਰੇ । ਜਿਹ—ਜਿਸ (ਹਰੀ) ਨੇ । ਭਰਮਾਇਓ—ਭਟਕਣਾ ਵਿਚ ਪਾ ਰੱਖਿਆ ਹੈ । ਤਾਹਿ ਚਰਨਿ—ਉਸ ਦੇ ਚਰਨਾਂ ਵਿਚ । ਲਾਇਓ—ਲਾਇਆ ਹੈ ।੩।

ਅਰਥ:- ਹੇ ਭਾਈ! ਅਨੇਕਾਂ ਜੋਗੀ, ਅਨੇਕਾਂ ਤਪੀ, ਅਤੇ ਹੋਰ ਬਥੇਰੇ ਸਿਆਣੇ ਮਨੁੱਖ ਖਪ ਖਪ ਕੇ ਹਾਰ ਗਏ ਹਨ, ਪਰ ਕੋਈ ਭੀ ਮਨੁੱਖ ਇਹ ਨਹੀਂ ਜਾਣ ਸਕਦਾ ਕਿ ਪਰਮਾਤਮਾ ਕਿਹੋ ਜਿਹਾ ਹੈ ।੧।ਰਹਾਉ।

ਹੇ ਭਾਈ! ਉਹ ਪਰਮਾਤਮਾ ਇਕ ਛਿਨ ਵਿਚ ਕੰਗਾਲ ਨੂੰ ਰਾਜਾ ਬਣਾ ਦੇਂਦਾ ਹੈ, ਤੇ, ਰਾਜੇ ਨੂੰ ਕੰਗਾਲ ਕਰ ਦੇਂਦਾ ਹੈ, ਖ਼ਾਲੀ ਭਾਂਡਿਆਂ ਨੂੰ ਭਰ ਦੇਂਦਾ ਹੈ ਤੇ ਭਰਿਆਂ ਨੂੰ ਖ਼ਾਲੀ ਕਰ ਦੇਂਦਾ ਹੈ (ਗ਼ਰੀਬਾਂ ਨੂੰ ਅਮੀਰ ਤੇ ਅਮੀਰਾਂ ਨੂੰ ਗ਼ਰੀਬ ਬਣਾ ਦੇਂਦਾ ਹੈ)—ਇਹ ਉਸ ਦਾ ਨਿੱਤ ਦਾ ਕੰਮ ਹੈ ।੧।

(ਹੇ ਭਾਈ! ਇਸ ਦਿੱਸਦੇ ਜਗਤ-ਰੂਪ ਤਮਾਸ਼ੇ ਵਿਚ) ਪਰਮਾਤਮਾ ਨੇ ਆਪਣੀ ਮਾਇਆ ਆਪ ਖਿਲਾਰੀ ਹੋਈ ਹੈ, ਉਹ ਆਪ ਹੀ ਇਸ ਦੀ ਸੰਭਾਲ ਕਰ ਰਿਹਾ ਹੈ । ਉਹ ਅਨੇਕਾਂ ਰੰਗਾਂ ਦਾ ਮਾਲਕ ਪ੍ਰਭੂ ਕਈ ਤਰ੍ਹਾਂ ਦੇ ਰੂਪ ਧਾਰ ਲੈਂਦਾ ਹੈ, ਤੇ ਸਾਰਿਆਂ ਰੂਪਾਂ ਤੋਂ ਵੱਖਰਾ ਭੀ ਰਹਿੰਦਾ ਹੈ ।੨।

ਹੇ ਭਾਈ! ਉਸ ਪਰਮਾਤਮਾ ਦੇ ਗੁਣ ਗਿਣੇ ਨਹੀਂ ਜਾ ਸਕਦੇ, ਉਹ ਬੇਅੰਤ ਹੈ, ਉਹ ਅਦ੍ਰਿਸ਼ਟ ਹੈ, ਉਹ ਨਿਰਲੇਪ ਹੈ, ਉਸ ਪਰਮਾਤਮਾ ਨੇ ਹੀ ਸਾਰੇ ਜਗਤ ਨੂੰ (ਮਾਇਆ ਦੀ) ਭਟਕਣਾ ਵਿਚ ਪਾਇਆ ਹੋਇਆ ਹੈ । ਹੇ ਨਾਨਕ! (ਆਖ—) ਜਿਸ ਮਨੁੱਖ ਨੇ ਉਸ ਦੇ ਚਰਨਾਂ ਵਿਚ ਮਨ ਜੋੜਿਆ ਹੈ, ਇਹ ਮਾਇਆ ਦੀਆਂ ਸਾਰੀਆਂ ਭਟਕਣਾਂ ਤਿਆਗ ਕੇ ਹੀ ਜੋੜਿਆ ਹੈ ।੩।੧।੨।

ਰਾਗੁ ਬਿਹਾਗੜਾ ਛੰਤ ਮਹਲਾ ੪ ਘਰੁ ੧ ੴ ਸਤਿਗੁਰ ਪ੍ਰਸਾਦਿ ॥ ਹਰਿ ਹਰਿ ਨਾਮੁ ਧਿਆਈਐ ਮੇਰੀ ਜਿੰਦੁੜੀਏ ਗੁਰਮੁਖਿ ਨਾਮੁ ਅਮੋਲੇ ਰਾਮ ॥ ਹਰਿ ਰਸਿ ਬੀਧਾ ਹਰਿ ਮਨੁ ਪਿਆਰਾ ਮਨੁ ਹਰਿ ਰਸਿ ਨਾਮਿ ਝਕੋਲੇ ਰਾਮ ॥ ਗੁਰਮਤਿ ਮਨੁ ਠਹਰਾਈਐ ਮੇਰੀ ਜਿੰਦੁੜੀਏ ਅਨਤ ਨ ਕਾਹੂ ਡੋਲੇ ਰਾਮ ॥ ਮਨ ਚਿੰਦਿਅੜਾ ਫਲੁ ਪਾਇਆ ਹਰਿ ਪ੍ਰਭੁ ਗੁਣ ਨਾਨਕ ਬਾਣੀ ਬੋਲੇ ਰਾਮ ॥੧॥ {ਪੰਨਾ 537-538}

ਪਦਅਰਥ:- ਧਿਆਈਐ—ਧਿਆਉਣਾ ਚਾਹੀਦਾ ਹੈ । ਜਿੰਦੁੜੀਏ—ਹੇ ਸੋਹਣੀ ਜਿੰਦੇ! ਗੁਰਮੁਖਿ—ਗੁਰੂ ਦੀ ਸਰਨ ਪਿਆਂ । ਅਮੋਲੇ—ਜੇਹੜਾ ਕਿਸੇ ਮੁੱਲ ਤੋਂ ਨਾਹ ਮਿਲ ਸਕੇ । ਰਸਿ—ਰਸ ਵਿਚ, ਆਨੰਦ ਵਿਚ । ਬੀਧਾ—ਵਿੱਝਾ ਹੋਇਆ । ਨਾਮਿ—ਨਾਮ ਵਿਚ । ਝਕੋਲੇ—ਚੁੱਭੀ ਲਾਂਦਾ ਹੈ । ਠਹਰਾਈਐ—ਟਿਕਾਣਾ ਚਾਹੀਦਾ ਹੈ । ਅਨਤ—{A`NX>} ਹੋਰ ਪਾਸੇ । ਕਾਹੂ ਅਨਤ—ਕਿਸੇ ਹੋਰ ਪਾਸੇ । ਚਿੰਦਿਅੜਾ—ਚਿਤਵਿਆ ।੧।

ਅਰਥ:- ਹੇ ਮੇਰੀ ਸੋਹਣੀ ਜਿੰਦੇ! ਸਦਾ ਪਰਮਾਤਮਾ ਦਾ ਨਾਮ ਸਿਮਰਨਾ ਚਾਹੀਦਾ ਹੈ ਪਰਮਾਤਮਾ ਦਾ ਅਮੋਲਕ ਨਾਮ ਗੁਰੂ ਦੀ ਰਾਹੀਂ (ਹੀ) ਮਿਲਦਾ ਹੈ । ਜੇਹੜਾ ਮਨ ਪਰਮਾਤਮਾ ਦੇ ਨਾਮ-ਰਸ ਵਿਚ ਵਿੱਝ ਜਾਂਦਾ ਹੈ, ਉਹ ਮਨ ਪਰਮਾਤਮਾ ਨੂੰ ਪਿਆਰਾ ਲੱਗਦਾ ਹੈ, ਉਹ ਮਨ ਆਨੰਦ ਨਾਲ ਪ੍ਰਭੂ ਦੇ ਨਾਮ ਵਿਚ ਚੁੱਭੀ ਲਾਈ ਰੱਖਦਾ ਹੈ ।

ਹੇ ਮੇਰੀ ਸੋਹਣੀ ਜਿੰਦੇ! ਗੁਰੂ ਦੀ ਮਤਿ ਉਤੇ ਤੁਰ ਕੇ ਇਸ ਮਨ ਨੂੰ (ਪ੍ਰਭੂ-ਚਰਨਾਂ ਵਿਚ) ਟਿਕਾਣਾ ਚਾਹੀਦਾ ਹੈ (ਗੁਰੂ ਦੀ ਮਤਿ ਦੀ ਬਰਕਤਿ ਨਾਲ ਮਨ) ਕਿਸੇ ਹੋਰ ਪਾਸੇ ਨਹੀਂ ਡੋਲਦਾ । ਹੇ ਨਾਨਕ! ਜੇਹੜਾ ਮਨੁੱਖ (ਗੁਰਮਤਿ ਤੇ ਤੁਰ ਕੇ) ਪ੍ਰਭੂ ਦੇ ਗੁਣਾਂ ਵਾਲੀ ਬਾਣੀ ਉਚਾਰਦਾ ਰਹਿੰਦਾ ਹੈ, ਉਹ ਮਨ-ਇੱਛਤ ਫਲ ਪਾ ਲੈਂਦਾ ਹੈ ।੧।

ਗੁਰਮਤਿ ਮਨਿ ਅੰਮ੍ਰਿਤੁ ਵੁਠੜਾ ਮੇਰੀ ਜਿੰਦੁੜੀਏ ਮੁਖਿ ਅੰਮ੍ਰਿਤ ਬੈਣ ਅਲਾਏ ਰਾਮ ॥ ਅੰਮ੍ਰਿਤ ਬਾਣੀ ਭਗਤ ਜਨਾ ਕੀ ਮੇਰੀ ਜਿੰਦੁੜੀਏ ਮਨਿ ਸੁਣੀਐ ਹਰਿ ਲਿਵ ਲਾਏ ਰਾਮ ॥ ਚਿਰੀ ਵਿਛੁੰਨਾ ਹਰਿ ਪ੍ਰਭੁ ਪਾਇਆ ਗਲਿ ਮਿਲਿਆ ਸਹਜਿ ਸੁਭਾਏ ਰਾਮ ॥ ਜਨ ਨਾਨਕ ਮਨਿ ਅਨਦੁ ਭਇਆ ਹੈ ਮੇਰੀ ਜਿੰਦੁੜੀਏ ਅਨਹਤ ਸਬਦ ਵਜਾਏ ਰਾਮ ॥੨॥ {ਪੰਨਾ 538}

ਪਦਅਰਥ:- ਮਨਿ—ਮਨ ਵਿਚ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ । ਵੁਠੜਾ—ਆ ਵੱਸਿਆ । ਮੁਖਿ—ਮੂੰਹ ਨਾਲ । ਬੈਣ—ਬਚਨ, ਸ਼ਬਦ । ਅਲਾਏ—ਉਚਾਰਦਾ ਹੈ । ਸੁਣੀਐ—ਸੁਣਨੀ ਚਾਹੀਦੀ ਹੈ । ਲਿਵ ਲਾਏ—ਲਿਵ ਲਾਇ, ਲਿਵ ਲਾ ਕੇ । ਗਲਿ—ਗਲ ਨਾਲ । ਸਹਜਿ—ਆਤਮਕ ਅਡੋਲਤਾ ਦੀ ਰਾਹੀਂ । ਸੁਭਾਏ—ਸੁਭਾਇ, ਡੂੰਘੇ ਪਿਆਰ ਦੇ ਕਾਰਨ । ਅਨਹਤ—{Anwhq—ਬਿਨਾ ਸਾਜ ਵਜਾਏ} ਇਕ-ਰਸ, ਲਗਾਤਾਰ ।੨।

ਅਰਥ:- ਹੇ ਮੇਰੀ ਸੋਹਣੀ ਜਿੰਦੇ! ਗੁਰੂ ਦੀ ਮਤਿ ਦੀ ਬਰਕਤਿ ਨਾਲ ਜਿਸ ਮਨੁੱਖ ਦੇ ਮਨ ਵਿਚ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਆ ਵੱਸਦਾ ਹੈ ਉਹ ਮਨੁੱਖ ਆਪਣੇ ਮੂੰਹ ਨਾਲ ਆਤਮਕ ਜੀਵਨ ਦੇਣ ਵਾਲੀ ਬਾਣੀ ਸਦਾ ਉਚਾਰਦਾ ਰਹਿੰਦਾ ਹੈ । ਹੇ ਜਿੰਦੇ! ਪਰਮਾਤਮਾ ਦੀ ਭਗਤੀ ਕਰਨ

ਵਾਲੇ ਮਨੁੱਖਾਂ ਦੀ ਬਾਣੀ ਆਤਮਕ ਜੀਵਨ ਦੇਣ ਵਾਲੀ ਹੈ ਪਰਮਾਤਮਾ ਦੇ ਚਰਨਾਂ ਵਿਚ ਸੁਰਤਿ ਜੋੜ ਕੇ ਉਹ ਬਾਣੀ ਮਨ ਨਾਲ (ਧਿਆਨ ਨਾਲ) ਸੁਣਨੀ ਚਾਹੀਦੀ ਹੈ (ਜੇਹੜਾ ਮਨੁੱਖ ਸੁਣਦਾ ਹੈ ਉਸ ਨੂੰ) ਚਿਰ ਦਾ ਵਿਛੁੜਿਆ ਹੋਇਆ ਪਰਮਾਤਮਾ ਆ ਮਿਲਦਾ ਹੈ, ਆਤਮਕ ਅਡੋਲਤਾ ਤੇ ਪ੍ਰੇਮ ਦੇ ਕਾਰਨ ਉਸ ਦੇ ਗਲ ਆ ਲੱਗਦਾ ਹੈ । ਹੇ ਦਾਸ ਨਾਨਕ! (ਆਖ—) ਹੇ ਮੇਰੀ ਸੋਹਣੀ ਜਿੰਦੇ! ਉਸ ਮਨੁੱਖ ਦੇ ਮਨ ਵਿਚ ਆਤਮਕ ਆਨੰਦ ਬਣਿਆ ਰਹਿੰਦਾ ਹੈ, ਉਹ ਆਪਣੇ ਅੰਦਰ ਇਕ-ਰਸ ਸਿਫ਼ਤਿ-ਸਾਲਾਹ ਦੀ ਬਾਣੀ ਦਾ (ਮਾਨੋ, ਵਾਜਾ) ਵਜਾਂਦਾ ਰਹਿੰਦਾ ਹੈ ।੨।

ਸਖੀ ਸਹੇਲੀ ਮੇਰੀਆ ਮੇਰੀ ਜਿੰਦੁੜੀਏ ਕੋਈ ਹਰਿ ਪ੍ਰਭੁ ਆਣਿ ਮਿਲਾਵੈ ਰਾਮ ॥ ਹਉ ਮਨੁ ਦੇਵਉ ਤਿਸੁ ਆਪਣਾ ਮੇਰੀ ਜਿੰਦੁੜੀਏ ਹਰਿ ਪ੍ਰਭ ਕੀ ਹਰਿ ਕਥਾ ਸੁਣਾਵੈ ਰਾਮ ॥ ਗੁਰਮੁਖਿ ਸਦਾ ਅਰਾਧਿ ਹਰਿ ਮੇਰੀ ਜਿੰਦੁੜੀਏ ਮਨ ਚਿੰਦਿਅੜਾ ਫਲੁ ਪਾਵੈ ਰਾਮ ॥ ਨਾਨਕ ਭਜੁ ਹਰਿ ਸਰਣਾਗਤੀ ਮੇਰੀ ਜਿੰਦੁੜੀਏ ਵਡਭਾਗੀ ਨਾਮੁ ਧਿਆਵੈ ਰਾਮ ॥੩॥

ਪਦਅਰਥ:- ਆਣਿ—ਲਿਆ ਕੇ । ਹਉ—ਮੈਂ । ਦੇਵਉ—ਦੇਵਉਂ, ਮੈਂ ਦੇ ਦਿਆਂ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ ।੩।

ਅਰਥ:- ਹੇ ਮੇਰੀ ਸੋਹਣੀ ਜਿੰਦੇ! (ਆਖ—) ਹੇ ਮੇਰੀ ਸਖੀ ਸਹੇਲੀਹੋ! ਜੇ ਕੋਈ ਧਿਰ ਮੇਰਾ ਹਰਿ-ਪ੍ਰਭੂ ਲਿਆ ਕੇ ਮੈਨੂੰ ਮਿਲਾ ਦੇਵੇ, ਜੇ ਕੋਈ ਮੈਨੂੰ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਸੁਣਾਇਆ ਕਰੇ, ਤਾਂ ਮੈਂ ਆਪਣਾ ਮਨ ਉਸ ਦੇ ਹਵਾਲੇ ਕਰ ਦਿਆਂ । ਹੇ ਮੇਰੀ ਸੋਹਣੀ ਜਿੰਦੇ! ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਸਿਮਰਿਆ ਕਰ, (ਜੇਹੜਾ ਕੋਈ ਸਿਮਰਦਾ ਹੈ ਉਹ) ਮਨ-ਇੱਛਤ ਫਲ ਪ੍ਰਾਪਤ ਕਰ ਲੈਂਦਾ ਹੈ ।

ਹੇ ਨਾਨਕ! (ਆਖ—) ਹੇ ਮੇਰੀ ਸੋਹਣੀ ਜਿੰਦੇ! ਪਰਮਾਤਮਾ ਦੀ ਸਰਨ ਪਈ ਰਹੁ । ਵੱਡੇ ਭਾਗਾਂ ਵਾਲਾ ਮਨੁੱਖ ਹੀ ਪਰਮਾਤਮਾ ਦਾ ਨਾਮ ਸਿਮਰਦਾ ਹੈ ।੩।

ਕਰਿ ਕਿਰਪਾ ਪ੍ਰਭ ਆਇ ਮਿਲੁ ਮੇਰੀ ਜਿੰਦੁੜੀਏ ਗੁਰਮਤਿ ਨਾਮੁ ਪਰਗਾਸੇ ਰਾਮ ॥ ਹਉ ਹਰਿ ਬਾਝੁ ਉਡੀਣੀਆ ਮੇਰੀ ਜਿੰਦੁੜੀਏ ਜਿਉ ਜਲ ਬਿਨੁ ਕਮਲ ਉਦਾਸੇ ਰਾਮ ॥ ਗੁਰਿ ਪੂਰੈ ਮੇਲਾਇਆ ਮੇਰੀ ਜਿੰਦੁੜੀਏ ਹਰਿ ਸਜਣੁ ਹਰਿ ਪ੍ਰਭੁ ਪਾਸੇ ਰਾਮ ॥ ਧਨੁ ਧਨੁ ਗੁਰੂ ਹਰਿ ਦਸਿਆ ਮੇਰੀ ਜਿੰਦੁੜੀਏ ਜਨ ਨਾਨਕ ਨਾਮਿ ਬਿਗਾਸੇ ਰਾਮ ॥੪॥੧॥ {ਪੰਨਾ 538}

ਪਦਅਰਥ:- ਪ੍ਰਭ—ਹੇ ਪ੍ਰਭੂ! ਆਇ—ਆ ਕੇ {ਲਫ਼ਜ਼ 'ਆਣਿ' ਅਤੇ 'ਆਇ' ਦਾ ਫ਼ਰਕ ਚੇਤੇ ਰੱਖਣਾ} । ਪਰਗਾਸੇ—ਚਮਕਦਾ ਹੈ, ਉੱਘੜਦਾ ਹੈ । ਹਉ—ਮੈਂ । ਬਾਝੁ—ਬਿਨਾ । ਉਡੀਣੀਆ—ਉਦਾਸ । ਕਮਲ—ਕੌਲ-ਫੁੱਲ । ਗੁਰਿ—ਗੁਰੂ ਨੇ । ਪਾਸੇ—ਪਾਸ ਹੀ, ਕੋਲ ਹੀ, ਅੰਗ-ਸੰਗ । ਧਨੁ ਧਨੁ—ਸਲਾਹੁਣ-ਜੋਗ । ਨਾਮਿ—ਨਾਮ ਦੀ ਰਾਹੀਂ । ਬਿਗਾਸੇ—ਖਿੜ ਪੈਂਦਾ ਹੈ, ਟਹਿਕ ਪੈਂਦਾ ਹੈ ।੪।

ਅਰਥ:- ਹੇ ਮੇਰੀ ਸੋਹਣੀ ਜਿੰਦੇ! (ਆਖ—) ਹੇ ਪ੍ਰਭੂ! ਕਿਰਪਾ ਕਰ ਕੇ ਮੈਨੂੰ ਆ ਮਿਲ । (ਹੇ ਜਿੰਦੇ!) ਗੁਰੂ ਦੀ ਮਤਿ ਉਤੇ ਤੁਰਿਆਂ ਹੀ ਹਰਿ-ਨਾਮ (ਹਿਰਦੇ ਵਿਚ) ਚਮਕਦਾ ਹੈ । ਹੇ ਮੇਰੀ ਸੋਹਣੀ ਜਿੰਦੇ! (ਆਖ—) ਮੈਂ ਪਰਮਾਤਮਾ ਤੋਂ ਬਿਨਾ ਕੁਮਲਾਈ ਰਹਿੰਦੀ ਹਾਂ, ਜਿਵੇਂ ਪਾਣੀ ਤੋਂ ਬਿਨਾ ਕੌਲ-ਫੁੱਲ

ਕੁਮਲਾਇਆ ਰਹਿੰਦਾ ਹੈ । ਹੇ ਮੇਰੀ ਸੋਹਣੀ ਜਿੰਦੇ! ਜਿਸ ਨੂੰ ਪੂਰੇ ਗੁਰੂ ਨੇ ਸੱਜਣ-ਹਰੀ ਮਿਲਾ ਦਿੱਤਾ, ਉਸ ਨੂੰ ਹਰੀ ਪ੍ਰਭੂ ਆਪਣੇ ਅੰਗ-ਸੰਗ ਵੱਸਦਾ ਦਿੱਸ ਪੈਂਦਾ ਹੈ । ਹੇ ਦਾਸ ਨਾਨਕ! (ਆਖ—) ਹੇ ਮੇਰੀ ਸੋਹਣੀ ਜਿੰਦੇ! ਗੁਰੂ ਸਲਾਹੁਣ-ਜੋਗ ਹੈ, ਸਦਾ ਸਲਾਹੁਣ-ਜੋਗ ਹੈ । ਗੁਰੂ ਨੇ ਜਿਸ ਨੂੰ (ਪਰਮਾਤਮਾ ਦੀ) ਦੱਸ ਪਾ ਦਿੱਤੀ (ਉਸ ਦਾ ਹਿਰਦਾ) ਨਾਮ ਦੀ ਬਰਕਤਿ ਨਾਲ ਖਿੜ ਪੈਂਦਾ ਹੈ ।੪।੧।

ਰਾਗੁ ਬਿਹਾਗੜਾ ਮਹਲਾ ੪ ॥ ਅੰਮ੍ਰਿਤੁ ਹਰਿ ਹਰਿ ਨਾਮੁ ਹੈ ਮੇਰੀ ਜਿੰਦੁੜੀਏ ਅੰਮ੍ਰਿਤੁ ਗੁਰਮਤਿ ਪਾਏ ਰਾਮ ॥ ਹਉਮੈ ਮਾਇਆ ਬਿਖੁ ਹੈ ਮੇਰੀ ਜਿੰਦੁੜੀਏ ਹਰਿ ਅੰਮ੍ਰਿਤਿ ਬਿਖੁ ਲਹਿ ਜਾਏ ਰਾਮ ॥ ਮਨੁ ਸੁਕਾ ਹਰਿਆ ਹੋਇਆ ਮੇਰੀ ਜਿੰਦੁੜੀਏ ਹਰਿ ਹਰਿ ਨਾਮੁ ਧਿਆਏ ਰਾਮ ॥ ਹਰਿ ਭਾਗ ਵਡੇ ਲਿਖਿ ਪਾਇਆ ਮੇਰੀ ਜਿੰਦੁੜੀਏ ਜਨ ਨਾਨਕ ਨਾਮਿ ਸਮਾਏ ਰਾਮ ॥੧॥ {ਪੰਨਾ 538}

ਪਦਅਰਥ:- ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਜਲ । ਗੁਰਮਤਿ—ਗੁਰੂ ਦੀ ਮਤਿ ਉੱਤੇ ਤੁਰਿਆਂ । ਬਿਖੁ—ਜ਼ਹਿਰ । ਅੰਮ੍ਰਿਤਿ—ਅੰਮ੍ਰਿਤ (ਪੀਣ) ਨਾਲ । ਲਿਖਿ—ਲਿਖ ਕੇ, ਲਿਖੇ ਅਨੁਸਾਰ । ਨਾਮਿ—ਨਾਮ ਵਿਚ ।੧।

ਅਰਥ:- ਹੇ ਮੇਰੀ ਸੋਹਣੀ ਜਿੰਦੇ! ਪਰਮਾਤਮਾ ਦਾ ਨਾਮ ਆਤਮਕ ਜੀਵਨ ਦੇਣ ਵਾਲਾ ਜਲ ਹੈ, ਇਹ ਨਾਮ-ਜਲ ਗੁਰੂ ਦੀ ਮਤਿ ਉੱਤੇ ਤੁਰਿਆਂ ਹੀ ਮਿਲਦਾ ਹੈ । ਹੇ ਮੇਰੀ ਸੋਹਣੀ ਜਿੰਦੇ! ਹਉਮੈ ਜ਼ਹਿਰ ਹੈ ਮਾਇਆ (ਦਾ ਮੋਹ) ਜ਼ਹਿਰ ਹੈ (ਜੋ ਆਤਮਕ ਜੀਵਨ ਨੂੰ ਮਾਰ ਮੁਕਾਂਦਾ ਹੈ), ਇਹ ਜ਼ਹਿਰ ਨਾਮ-ਜਲ (ਪੀਣ) ਨਾਲ ਲਹਿ ਜਾਂਦਾ ਹੈ । ਹੇ ਮੇਰੀ ਸੋਹਣੀ ਜਿੰਦੇ! ਜੇਹੜਾ ਮਨੁੱਖ ਸਦਾ ਪਰਮਾਤਮਾ ਦਾ ਨਾਮ ਸਿਮਰਦਾ ਰਹਿੰਦਾ ਹੈ ਉਸ ਦਾ ਸੁੱਕਾ ਹੋਇਆ (ਥੋੜ੍ਹ-ਵਿਤਾ ਹੋ ਚੁੱਕਾ) ਮਨ ਹਰਾ ਹੋ ਜਾਂਦਾ ਹੈ (ਜਿਵੇਂ ਕੋਈ ਸੁੱਕਾ ਹੋਇਆ ਰੁੱਖ ਪਾਣੀ ਨਾਲ ਹਰਾ ਹੋ ਜਾਂਦਾ ਹੈ, ਤੇ, ਕਰੜਾ-ਪਨ ਛੱਡ ਕੇ ਨਰਮ ਹੋ ਜਾਂਦਾ ਹੈ) । ਹੇ ਦਾਸ ਨਾਨਕ! (ਆਖ—) ਹੇ ਮੇਰੀ ਸੋਹਣੀ ਜਿੰਦੇ! ਜਿਸ ਮਨੁੱਖ ਨੂੰ ਪੂਰਬਲੇ ਲਿਖੇ ਅਨੁਸਾਰ ਵੱਡੇ ਭਾਗਾਂ ਨਾਲ ਪਰਮਾਤਮਾ ਮਿਲ ਪੈਂਦਾ ਹੈ ਉਹ ਸਦਾ ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦਾ ਹੈ ।੧।

ਹਰਿ ਸੇਤੀ ਮਨੁ ਬੇਧਿਆ ਮੇਰੀ ਜਿੰਦੁੜੀਏ ਜਿਉ ਬਾਲਕ ਲਗਿ ਦੁਧ ਖੀਰੇ ਰਾਮ ॥ ਹਰਿ ਬਿਨੁ ਸਾਂਤਿ ਨ ਪਾਈਐ ਮੇਰੀ ਜਿੰਦੁੜੀਏ ਜਿਉ ਚਾਤ੍ਰਿਕੁ ਜਲ ਬਿਨੁ ਟੇਰੇ ਰਾਮ ॥ ਸਤਿਗੁਰ ਸਰਣੀ ਜਾਇ ਪਉ ਮੇਰੀ ਜਿੰਦੁੜੀਏ ਗੁਣ ਦਸੇ ਹਰਿ ਪ੍ਰਭ ਕੇਰੇ ਰਾਮ ॥ ਜਨ ਨਾਨਕ ਹਰਿ ਮੇਲਾਇਆ ਮੇਰੀ ਜਿੰਦੁੜੀਏ ਘਰਿ ਵਾਜੇ ਸਬਦ ਘਣੇਰੇ ਰਾਮ ॥੨॥ {ਪੰਨਾ 538}

ਪਦਅਰਥ:- ਸੇਤੀ—ਨਾਲ । ਬੇਧਿਆ—ਵਿੱਝ ਗਿਆ, ਪ੍ਰੋਤਾ ਗਿਆ । ਲਗਿ—ਲਗੇ, ਲੱਗਦਾ, ਪਰਚਦਾ ਹੈ । ਖੀਰ—ਦੁੱਧ । ਚਾਤ੍ਰਿਕ—ਪਪੀਹਾ । ਟੇਰੇ—ਪੁਕਾਰਦਾ ਹੈ । ਜਾਇ—ਜਾ ਕੇ । ਕੇਰੇ—ਦੇ । ਘਰਿ—ਹਿਰਦੇ-ਘਰ ਵਿਚ । ਘਣੇਰੇ—ਅਨੇਕਾਂ ।੨।

ਅਰਥ:- ਹੇ ਮੇਰੀ ਸੋਹਣੀ ਜਿੰਦੇ! ਜਿਸ ਮਨੁੱਖ ਦਾ ਮਨ ਪਰਮਾਤਮਾ ਨਾਲ ਇਉਂ ਪ੍ਰੋਇਆ ਜਾਂਦਾ ਹੈ ਜਿਵੇਂ ਬੱਚੇ ਦਾ ਮਨ ਦੁੱਧ ਨਾਲ ਪਰਚ ਜਾਂਦਾ ਹੈ, ਉਸ ਮਨੁੱਖ ਨੂੰ, ਹੇ ਮੇਰੀ ਸੋਹਣੀ ਜਿੰਦੇ! ਪਰਮਾਤਮਾ ਦੇ ਮਿਲਾਪ ਤੋਂ ਬਿਨਾ ਠੰਡ ਨਹੀਂ ਪੈਂਦੀ (ਉਹ ਸਦਾ ਵਿਆਕੁਲ ਹੋਇਆ ਰਹਿੰਦਾ ਹੈ) ਜਿਵੇਂ ਪਪੀਹਾ

(ਸ੍ਵਾਂਤੀ ਬੂੰਦ ਦੇ) ਪਾਣੀ ਤੋਂ ਬਿਨਾ ਪੁਕਾਰਦਾ ਰਹਿੰਦਾ ਹੈ ।

ਹੇ ਮੇਰੀ ਸੋਹਣੀ ਜਿੰਦੇ! ਜਾ ਕੇ ਗੁਰੂ ਦੀ ਸਰਨ ਪਈ ਰਹੁ, ਗੁਰੂ ਪਰਮਾਤਮਾ ਦੇ ਗੁਣਾਂ ਦੀ ਦੱਸ ਪਾਂਦਾ ਹੈ । ਹੇ ਦਾਸ ਨਾਨਕ! (ਆਖ—) ਹੇ ਮੇਰੀ ਸੋਹਣੀ ਜਿੰਦੇ! ਜਿਸ ਮਨੁੱਖ ਨੂੰ ਗੁਰੂ ਨੇ ਪਰਮਾਤਮਾ ਮਿਲਾ ਦਿੱਤਾ ਉਸ ਦੇ ਹਿਰਦੇ-ਘਰ ਵਿਚ (ਮਾਨੋ) ਅਨੇਕਾਂ ਸੋਹਣੇ ਸਾਜ ਵੱਜਦੇ ਰਹਿੰਦੇ ਹਨ ।੨।

ਮਨਮੁਖਿ ਹਉਮੈ ਵਿਛੁੜੇ ਮੇਰੀ ਜਿੰਦੁੜੀਏ ਬਿਖੁ ਬਾਧੇ ਹਉਮੈ ਜਾਲੇ ਰਾਮ ॥ ਜਿਉ ਪੰਖੀ ਕਪੋਤਿ ਆਪੁ ਬਨ੍ਹ੍ਹਾਇਆ ਮੇਰੀ ਜਿੰਦੁੜੀਏ ਤਿਉ ਮਨਮੁਖ ਸਭਿ ਵਸਿ ਕਾਲੇ ਰਾਮ ॥ ਜੋ ਮੋਹਿ ਮਾਇਆ ਚਿਤੁ ਲਾਇਦੇ ਮੇਰੀ ਜਿੰਦੁੜੀਏ ਸੇ ਮਨਮੁਖ ਮੂੜ ਬਿਤਾਲੇ ਰਾਮ ॥ ਜਨ ਤ੍ਰਾਹਿ ਤ੍ਰਾਹਿ ਸਰਣਾਗਤੀ ਮੇਰੀ ਜਿੰਦੁੜੀਏ ਗੁਰ ਨਾਨਕ ਹਰਿ ਰਖਵਾਲੇ ਰਾਮ ॥੩॥ {ਪੰਨਾ 538}

ਪਦਅਰਥ:- ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ । ਬਿਖੁ—ਜ਼ਹਿਰ । ਜਾਲੇ—ਜਾਲਿ, ਜਾਲ ਵਿਚ । ਕਪੋਤਿ—ਕਪੋਤ ਨੇ, ਕਬੂਤਰ ਨੇ । ਆਪੁ—ਆਪਣੇ ਆਪ ਨੂੰ । ਸਭਿ—ਸਾਰੇ । ਵਸਿ ਕਾਲੇ—ਕਾਲ ਦੇ ਵੱਸ ਵਿਚ । ਮੋਹਿ—ਮੋਹ ਵਿਚ । ਮੂੜ—ਮੂਰਖ । ਬਿਤਾਲੇ—ਤਾਲ ਤੋਂ ਖੁੰਝੇ ਹੋਏ, ਜੀਵਨ-ਚਾਲ ਤੋਂ ਥਿੜਕੇ ਹੋਏ । ਤ੍ਰਾਹਿ—ਬਚਾ ਲੈ । ਸਰਣਾਗਤੀ—ਸਰਨ ਆਉਂਦੇ ਹਨ । ਨਾਨਕ—ਹੇ ਨਾਨਕ! ।੩।

ਅਰਥ:- ਹੇ ਮੇਰੀ ਸੋਹਣੀ ਜਿੰਦੇ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਹਉਮੈ ਦੇ ਕਾਰਨ ਪਰਮਾਤਮਾ ਨਾਲੋਂ ਵਿਛੁੜ ਜਾਂਦੇ ਹਨ, (ਮਾਇਆ ਦੇ ਮੋਹ ਦਾ) ਜ਼ਹਿਰ (ਉਹਨਾਂ ਦੇ ਆਤਮਕ ਜੀਵਨ ਨੂੰ ਮਾਰ ਮੁਕਾਂਦਾ ਹੈ), ਉਹ ਹਉਮੈ ਦੇ ਜਾਲ ਵਿਚ ਬੱਝੇ ਰਹਿੰਦੇ ਹਨ । ਹੇ ਮੇਰੀ ਸੋਹਣੀ ਜਿੰਦੇ! ਜਿਵੇਂ (ਚੋਗੇ ਦੇ ਲਾਲਚ ਵਿਚ) ਕਬੂਤਰ ਆਦਿਕ ਪੰਛੀ ਆਪਣੇ ਆਪ ਨੂੰ ਜਾਲ ਵਿਚ ਬੰਨ੍ਹਾ ਲੈਂਦਾ ਹੈ, ਤਿਵੇਂ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਸਾਰੇ ਮਨੁੱਖ ਆਤਮਕ ਮੌਤ ਦੇ ਵੱਸ ਵਿਚ ਆਏ ਰਹਿੰਦੇ ਹਨ । ਹੇ ਮੇਰੀ ਸੋਹਣੀ ਜਿੰਦੇ! ਜੇਹੜੇ ਮਨੁੱਖ ਮਾਇਆ ਦੇ ਮੋਹ ਵਿਚ ਆਪਣਾ ਚਿੱਤ ਜੋੜੀ ਰੱਖਦੇ ਹਨ ਉਹ ਆਪ-ਹੁਦਰੇ ਮਨੁੱਖ ਮੂਰਖ ਹੁੰਦੇ ਹਨ, ਉਹ ਜੀਵਨ-ਚਾਲ ਤੋਂ ਖੁੰਝੇ ਰਹਿੰਦੇ ਹਨ ।

ਹੇ ਨਾਨਕ! (ਆਖ—) ਹੇ ਮੇਰੀ ਸੋਹਣੀ ਜਿੰਦੇ! ਪਰਮਾਤਮਾ ਦੇ ਸੇਵਕ ਪਰਮਾਤਮਾ ਦੀ ਸਰਨ ਆਉਂਦੇ ਹਨ (ਤੇ, ਅਰਜ਼ੋਈ ਕਰਦੇ ਹਨ—ਹੇ ਪ੍ਰਭੂ! ਸਾਨੂੰ) ਬਚਾ ਲੈ, ਬਚਾ ਲੈ । ਗੁਰੂ ਪਰਮਾਤਮਾ ਉਹਨਾਂ ਦੇ ਰਾਖੇ ਬਣਦੇ ਹਨ ।੩।

ਹਰਿ ਜਨ ਹਰਿ ਲਿਵ ਉਬਰੇ ਮੇਰੀ ਜਿੰਦੁੜੀਏ ਧੁਰਿ ਭਾਗ ਵਡੇ ਹਰਿ ਪਾਇਆ ਰਾਮ ॥ ਹਰਿ ਹਰਿ ਨਾਮੁ ਪੋਤੁ ਹੈ ਮੇਰੀ ਜਿੰਦੁੜੀਏ ਗੁਰ ਖੇਵਟ ਸਬਦਿ ਤਰਾਇਆ ਰਾਮ ॥ ਹਰਿ ਹਰਿ ਪੁਰਖੁ ਦਇਆਲੁ ਹੈ ਮੇਰੀ ਜਿੰਦੁੜੀਏ ਗੁਰ ਸਤਿਗੁਰ ਮੀਠ ਲਗਾਇਆ ਰਾਮ ॥ ਕਰਿ ਕਿਰਪਾ ਸੁਣਿ ਬੇਨਤੀ ਹਰਿ ਹਰਿ ਜਨ ਨਾਨਕ ਨਾਮੁ ਧਿਆਇਆ ਰਾਮ ॥੪॥੨॥ {ਪੰਨਾ 539}

ਪਦਅਰਥ:- ਹਰਿ ਜਨ—ਪਰਮਾਤਮਾ ਦੇ ਭਗਤ । ਲਿਵ—ਲਗਨ । ਉਬਰੇ—(ਸੰਸਾਰ-ਸਮੁੰਦਰ

ਵਿਚੋਂ) ਬਚ ਨਿਕਲਦੇ ਹਨ । ਧੁਰਿ—ਧੁਰ ਦਰਗਾਹ ਤੋਂ । ਪੋਤੁ—ਜਹਾਜ਼ । ਖੇਵਟ—ਮਲਾਹ । ਸਬਦਿ—ਸ਼ਬਦ ਨੇ । ਦਇਆਲੁ—ਦਇਆ ਦਾ ਘਰ ।੪।

ਅਰਥ:- ਹੇ ਮੇਰੀ ਸੋਹਣੀ ਜਿੰਦੇ! ਪਰਮਾਤਮਾ ਦੇ ਭਗਤ ਪਰਮਾਤਮਾ ਦੇ ਚਰਨਾਂ ਵਿਚ ਸੁਰਤਿ ਜੋੜ ਕੇ (ਸੰਸਾਰ-ਸਮੁੰਦਰ ਵਿਚੋਂ) ਬਚ ਨਿਕਲਦੇ ਹਨ, ਧੁਰ ਦਰਗਾਹ ਤੋਂ ਲਿਖੇ ਅਨੁਸਾਰ ਵੱਡੇ ਭਾਗਾਂ ਨਾਲ ਉਹ ਪਰਮਾਤਮਾ ਨੂੰ ਮਿਲ ਪੈਂਦੇ ਹਨ । ਹੇ ਮੇਰੀ ਸੋਹਣੀ ਜਿੰਦੇ! ਪਰਮਾਤਮਾ ਦਾ ਨਾਮ ਜਹਾਜ਼ ਹੈ, (ਹਰਿ ਜਨਾਂ ਨੂੰ) ਗੁਰੂ-ਮਲਾਹ ਦੇ ਸ਼ਬਦ ਨੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਦਿੱਤਾ । ਹੇ ਮੇਰੀ ਸੋਹਣੀ ਜਿੰਦੇ! ਸਰਬ-ਵਿਆਪਕ ਪਰਮਾਤਮਾ ਸਦਾ ਹੀ ਦਇਆਵਾਨ ਹੈ, ਗੁਰੂ ਸਤਿਗੁਰੂ ਦੀ ਸਰਨ ਪਿਆਂ (ਹਰਿ-ਜਨਾਂ ਨੂੰ ਪਰਮਾਤਮਾ) ਪਿਆਰਾ ਲੱਗਣ ਲੱਗ ਪੈਂਦਾ ਹੈ ।

ਹੇ ਦਾਸ ਨਾਨਕ! (ਆਖ—) ਹੇ ਹਰੀ! ਮੇਹਰ ਕਰ, ਮੇਰੀ ਬੇਨਤੀ ਸੁਣ (ਮੈਂ ਤੇਰਾ ਨਾਮ ਸਿਮਰਦਾ ਰਹਾਂ । ਜਿਨ੍ਹਾਂ ਉੱਤੇ ਤੂੰ ਮੇਹਰ ਦੀ ਨਿਗਾਹ ਕੀਤੀ, ਉਹਨਾਂ) ਤੇਰਾ ਨਾਮ ਸਿਮਰਿਆ ।੪।੨।

ਬਿਹਾਗੜਾ ਮਹਲਾ ੪ ॥ ਜਗਿ ਸੁਕ੍ਰਿਤੁ ਕੀਰਤਿ ਨਾਮੁ ਹੈ ਮੇਰੀ ਜਿੰਦੁੜੀਏ ਹਰਿ ਕੀਰਤਿ ਹਰਿ ਮਨਿ ਧਾਰੇ ਰਾਮ ॥ ਹਰਿ ਹਰਿ ਨਾਮੁ ਪਵਿਤੁ ਹੈ ਮੇਰੀ ਜਿੰਦੁੜੀਏ ਜਪਿ ਹਰਿ ਹਰਿ ਨਾਮੁ ਉਧਾਰੇ ਰਾਮ ॥ ਸਭ ਕਿਲਵਿਖ ਪਾਪ ਦੁਖ ਕਟਿਆ ਮੇਰੀ ਜਿੰਦੁੜੀਏ ਮਲੁ ਗੁਰਮੁਖਿ ਨਾਮਿ ਉਤਾਰੇ ਰਾਮ ॥ ਵਡ ਪੁੰਨੀ ਹਰਿ ਧਿਆਇਆ ਜਨ ਨਾਨਕ ਹਮ ਮੂਰਖ ਮੁਗਧ ਨਿਸਤਾਰੇ ਰਾਮ ॥੧॥ {ਪੰਨਾ 539}

ਪਦਅਰਥ:- ਜਗਿ—ਜਗਤ ਵਿਚ । ਸੁਕ੍ਰਿਤੁ—ਸ੍ਰੇਸ਼ਟ ਕਰਮ । ਕੀਰਤਿ—ਸਿਫ਼ਤਿ-ਸਾਲਾਹ । ਮਨਿ—ਮਨ ਵਿਚ । ਧਾਰੇ—ਧਾਰਿ, ਟਿਕਾ ਲੈ । ਉਧਾਰੇ—ਬਚਾ ਲੈਂਦਾ ਹੈ । ਕਿਲਵਿਖ—ਪਾਪ । ਮਲੁ—ਮੈਲ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਨਾਮਿ—ਨਾਮ ਨਾਲ । ਉਤਾਰੇ—ਦੂਰ ਕਰ ਲੈਂਦਾ ਹੈ । ਮੁਗਧ—ਮੂਰਖ । ਨਿਸਤਾਰੇ—ਪਾਰ ਲੰਘਾ ਲੈਂਦਾ ਹੈ ।੧।

ਅਰਥ:- ਹੇ ਮੇਰੀ ਸੋਹਣੀ ਜਿੰਦੇ! ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨੀ, ਪਰਮਾਤਮਾ ਦਾ ਨਾਮ ਜਪਣਾ, ਜਗਤ ਵਿਚ ਸਭ ਤੋਂ ਸ੍ਰੇਸ਼ਟ ਕਰਮ ਹੈ । ਤੂੰ ਭੀ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਿਆ ਕਰ, ਪਰਮਾਤਮਾ ਦਾ ਨਾਮ ਆਪਣੇ ਮਨ ਵਿਚ ਟਿਕਾਈ ਰੱਖ । ਹੇ ਮੇਰੀ ਸੋਹਣੀ ਜਿੰਦੇ! ਪਰਮਾਤਮਾ ਦਾ ਨਾਮ (ਵਿਕਾਰੀਆਂ ਨੂੰ) ਪਵਿਤ੍ਰ ਕਰਨ ਵਾਲਾ ਹੈ, ਤੂੰ ਭੀ ਪਰਮਾਤਮਾ ਦਾ ਨਾਮ ਜਪਿਆ ਕਰ, ਨਾਮ (ਸੰਸਾਰ-ਸਮੁੰਦਰ ਵਿਚ ਡੁੱਬਣੋਂ) ਬਚਾ ਲੈਂਦਾ ਹੈ । ਹੇ ਮੇਰੀ ਸੋਹਣੀ ਜਿੰਦੇ! (ਜਿਸ ਮਨੁੱਖ ਨੇ ਹਰਿ-ਨਾਮ ਸਿਮਰਿਆ, ਉਸ ਨੇ ਆਪਣੇ ਅੰਦਰੋਂ) ਸਾਰੇ ਵਿਕਾਰ ਸਾਰੇ ਪਾਪ ਸਾਰੇ ਦੁੱਖ ਦੂਰ ਕਰ ਲਏ, ਉਹ ਮਨੁੱਖ ਗੁਰੂ ਦੀ ਸਰਨ ਪੈ ਕੇ ਹਰਿ-ਨਾਮ ਦੀ ਬਰਕਤਿ ਨਾਲ ਵਿਕਾਰਾਂ ਦੀ ਮੈਲ ਲਾਹ ਲੈਂਦਾ ਹੈ ।

ਹੇ ਦਾਸ ਨਾਨਕ! (ਆਖ—) ਵੱਡੇ ਭਾਗਾਂ ਨਾਲ ਹੀ ਪਰਮਾਤਮਾ ਦਾ ਨਾਮ ਸਿਮਰਿਆ ਜਾ ਸਕਦਾ ਹੈ । ਪਰਮਾਤਮਾ ਦਾ ਨਾਮ ਸਾਡੇ ਵਰਗੇ ਮੂਰਖਾਂ ਨੂੰ, ਮਹਾਂ ਮੂਰਖਾਂ ਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦਾ ਹੈ ।੧।

ਜੋ ਹਰਿ ਨਾਮੁ ਧਿਆਇਦੇ ਮੇਰੀ ਜਿੰਦੁੜੀਏ ਤਿਨਾ ਪੰਚੇ ਵਸਗਤਿ ਆਏ ਰਾਮ ॥ ਅੰਤਰਿ ਨਵ ਨਿਧਿ ਨਾਮੁ ਹੈ ਮੇਰੀ ਜਿੰਦੁੜੀਏ ਗੁਰੁ ਸਤਿਗੁਰੁ ਅਲਖੁ ਲਖਾਏ ਰਾਮ ॥ ਗੁਰਿ ਆਸਾ

ਮਨਸਾ ਪੂਰੀਆ ਮੇਰੀ ਜਿੰਦੁੜੀਏ ਹਰਿ ਮਿਲਿਆ ਭੁਖ ਸਭ ਜਾਏ ਰਾਮ ॥ ਧੁਰਿ ਮਸਤਕਿ ਹਰਿ ਪ੍ਰਭਿ ਲਿਖਿਆ ਮੇਰੀ ਜਿੰਦੁੜੀਏ ਜਨ ਨਾਨਕ ਹਰਿ ਗੁਣ ਗਾਏ ਰਾਮ ॥੨॥ {ਪੰਨਾ 539}

ਪਦਅਰਥ:- ਤਿਨਾ ਵਸਗਤਿ—ਉਹਨਾਂ ਦੇ ਵੱਸ ਵਿਚ । ਪੰਚੇ—ਕਾਮਾਦਿਕ ਪੰਜੇ (ਵੈਰੀ) । ਨਵਨਿਧਿ—(ਦੁਨੀਆ ਦੇ) ਨੌ ਖ਼ਜ਼ਾਨੇ । ਅਲਖੁ—ਜਿਸ ਦਾ ਸਹੀ ਸਰੂਪ ਸਮਝ ਵਿਚ ਨਹੀਂ ਆ ਸਕਦਾ । ਲਖਾਏ—ਸਮਝਾ ਦੇਂਦਾ ਹੈ । ਗੁਰਿ—ਗੁਰੂ ਨੇ । ਜਾਏ—ਦੂਰ ਹੋ ਜਾਂਦੀ ਹੈ । ਧੁਰਿ—ਧੁਰ ਦਰਗਾਹ ਤੋਂ । ਮਸਤਕਿ—ਮੱਥੇ ਉੱਤੇ । ਪ੍ਰਭਿ—ਪ੍ਰਭੂ ਨੇ ।੨।

ਅਰਥ:- ਹੇ ਮੇਰੀ ਸੋਹਣੀ ਜਿੰਦੇ! ਜੇਹੜੇ ਮਨੁੱਖ ਪਰਮਾਤਮਾ ਦਾ ਨਾਮ ਸਿਮਰਦੇ ਰਹਿੰਦੇ ਹਨ, ਕਾਮਾਦਿਕ ਪੰਜੇ ਵੈਰੀ ਉਹਨਾਂ ਦੇ ਵੱਸ ਵਿਚ ਆ ਜਾਂਦੇ ਹਨ, ਦੁਨੀਆ ਦੇ ਨੌ ਖ਼ਜ਼ਾਨਿਆਂ ਦੀ ਬਰਾਬਰੀ ਕਰਨ ਵਾਲਾ ਹਰਿ-ਨਾਮ ਉਹਨਾਂ ਦੇ ਮਨ ਵਿਚ ਆ ਵੱਸਦਾ ਹੈ । ਹੇ ਮੇਰੀ ਸੋਹਣੀ ਜਿੰਦੇ! ਗੁਰੂ ਉਹਨਾਂ ਨੂੰ ਉਸ ਪਰਮਾਤਮਾ ਦੀ ਸਮਝ ਬਖ਼ਸ਼ ਦੇਂਦਾ ਹੈ ਜਿਸ ਤਕ ਮਨੁੱਖ ਦੀ ਆਪਣੀ ਸਮਝ ਨਹੀਂ ਪਹੁੰਚ ਸਕਦੀ । ਹੇ ਮੇਰੀ ਸੋਹਣੀ ਜਿੰਦੇ! ਗੁਰੂ ਨੇ ਜਿਨ੍ਹਾਂ ਮਨੁੱਖਾਂ ਦੀ ਆਸਾ ਤੇ ਮਨ ਦਾ ਫੁਰਨਾ ਪੂਰਾ ਕਰ ਦਿੱਤਾ, ਉਹਨਾਂ ਨੂੰ ਪਰਮਾਤਮਾ ਮਿਲ ਪਿਆ, ਉਹਨਾਂ ਦੀ ਮਾਇਆ ਦੀ ਸਾਰੀ ਭੁੱਖ ਲਹਿ ਜਾਂਦੀ ਹੈ । ਹੇ ਦਾਸ ਨਾਨਕ! (ਆਖ—) ਧੁਰ ਦਰਗਾਹ ਤੋਂ ਪਰਮਾਤਮਾ ਨੇ ਜਿਸ ਮਨੁੱਖ ਦੇ ਮੱਥੇ ਉੱਤੇ (ਸਿਮਰਨ ਦਾ ਲੇਖ) ਲਿਖ ਦਿੱਤਾ, ਉਹ ਸਦਾ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ ।੨।

ਹਮ ਪਾਪੀ ਬਲਵੰਚੀਆ ਮੇਰੀ ਜਿੰਦੁੜੀਏ ਪਰਦ੍ਰੋਹੀ ਠਗ ਮਾਇਆ ਰਾਮ ॥ ਵਡਭਾਗੀ ਗੁਰੁ ਪਾਇਆ ਮੇਰੀ ਜਿੰਦੁੜੀਏ ਗੁਰਿ ਪੂਰੈ ਗਤਿ ਮਿਤਿ ਪਾਇਆ ਰਾਮ ॥ ਗੁਰਿ ਅੰਮ੍ਰਿਤੁ ਹਰਿ ਮੁਖਿ ਚੋਇਆ ਮੇਰੀ ਜਿੰਦੁੜੀਏ ਫਿਰਿ ਮਰਦਾ ਬਹੁੜਿ ਜੀਵਾਇਆ ਰਾਮ ॥ ਜਨ ਨਾਨਕ ਸਤਿਗੁਰ ਜੋ ਮਿਲੇ ਮੇਰੀ ਜਿੰਦੁੜੀਏ ਤਿਨ ਕੇ ਸਭ ਦੁਖ ਗਵਾਇਆ ਰਾਮ ॥੩॥ {ਪੰਨਾ 539}

ਪਦਅਰਥ:- ਬਲਵੰਚੀਆ—ਵਲ-ਛਲ ਕਰਨ ਵਾਲੇ । ਪਰਦ੍ਰੋਹੀ—ਦੂਜਿਆਂ ਨਾਲ ਦਗ਼ਾ ਕਰਨ ਵਾਲੇ । ਗੁਰਿ ਪੂਰੈ—ਪੂਰੇ ਗੁਰੂ ਦੀ ਰਾਹੀਂ । ਗਤਿ ਮਿਤਿ—ਉੱਚੇ ਆਤਮਕ ਜੀਵਨ ਦੀ ਮਰਯਾਦਾ । ਗਤਿ—ਉੱਚੀ ਆਤਮਕ ਅਵਸਥਾ । ਮਿਤਿ—ਮਰਯਾਦਾ । ਗੁਰਿ—ਗੁਰੂ ਨੇ । ਮੁਖਿ—ਮੂੰਹ ਵਿਚ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ । ਮਰਦਾ—ਆਤਮਕ ਮੌਤੇ ਮਰ ਰਹੇ ਨੂੰ । ਬਹੁੜਿ—ਮੁੜ । ਜੀਵਾਇਆ—ਆਤਮਕ ਜੀਵਨ ਦਿੱਤਾ । ਸਤਿਗੁਰ ਮਿਲੇ—ਗੁਰੂ ਨੂੰ (ਜੇਹੜੇ) ਮਿਲ ਪਏ ।੩।

ਅਰਥ:- ਹੇ ਮੇਰੀ ਸੋਹਣੀ ਜਿੰਦੇ! ਅਸੀ ਜੀਵ ਪਾਪੀ ਹਾਂ, ਵਲ-ਛਲ ਕਰਨ ਵਾਲੇ ਹਾਂ, ਦੂਜਿਆਂ ਨਾਲ ਦਗ਼ਾ-ਫ਼ਰੇਬ ਕਰਨ ਵਾਲੇ ਹਾਂ, ਮਾਇਆ ਦੀ ਖ਼ਾਤਰ ਠੱਗੀਆਂ ਕਰਨ ਵਾਲੇ ਹਾਂ । ਹੇ ਮੇਰੀ ਸੋਹਣੀ ਜਿੰਦੇ! ਜਿਸ ਵੱਡੇ ਭਾਗਾਂ ਵਾਲੇ ਨੇ ਗੁਰੂ ਲੱਭ ਲਿਆ ਉਸਨੇ ਪੂਰੇ ਗੁਰੂ ਦੀ ਰਾਹੀਂ ਉੱਚੇ ਆਤਮਕ ਜੀਵਨ ਦੀ ਮਰਯਾਦਾ ਹਾਸਲ ਕਰ ਲਈ । ਹੇ ਮੇਰੀ ਸੋਹਣੀ ਜਿੰਦੇ! ਜਿਸ ਮਨੁੱਖ ਦੇ ਮੂੰਹ ਵਿਚ ਗੁਰੂ ਨੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਚੋਅ ਦਿੱਤਾ, ਉਸ ਆਤਮਕ ਮੌਤੇ ਮਰ ਰਹੇ ਮਨੁੱਖ ਨੂੰ ਗੁਰੂ ਨੇ ਮੁੜ ਆਤਮਕ ਜੀਵਨ ਬਖ਼ਸ਼ ਦਿੱਤਾ । ਹੇ ਦਾਸ ਨਾਨਕ! (ਆਖ—) ਹੇ ਮੇਰੀ ਸੋਹਣੀ ਜਿੰਦੇ! ਜੇਹੜੇ

ਮਨੁੱਖ ਗੁਰੂ ਨੂੰ ਮਿਲ ਪਏ, ਗੁਰੂ ਨੇ ਉਹਨਾਂ ਦੇ ਸਾਰੇ ਦੁੱਖ ਦੂਰ ਕਰ ਦਿੱਤੇ ।੩।

ਅਤਿ ਊਤਮੁ ਹਰਿ ਨਾਮੁ ਹੈ ਮੇਰੀ ਜਿੰਦੁੜੀਏ ਜਿਤੁ ਜਪਿਐ ਪਾਪ ਗਵਾਤੇ ਰਾਮ ॥ ਪਤਿਤ ਪਵਿਤ੍ਰ ਗੁਰਿ ਹਰਿ ਕੀਏ ਮੇਰੀ ਜਿੰਦੁੜੀਏ ਚਹੁ ਕੁੰਡੀ ਚਹੁ ਜੁਗਿ ਜਾਤੇ ਰਾਮ ॥ ਹਉਮੈ ਮੈਲੁ ਸਭ ਉਤਰੀ ਮੇਰੀ ਜਿੰਦੁੜੀਏ ਹਰਿ ਅੰਮ੍ਰਿਤਿ ਹਰਿ ਸਰਿ ਨਾਤੇ ਰਾਮ ॥ ਅਪਰਾਧੀ ਪਾਪੀ ਉਧਰੇ ਮੇਰੀ ਜਿੰਦੁੜੀਏ ਜਨ ਨਾਨਕ ਖਿਨੁ ਹਰਿ ਰਾਤੇ ਰਾਮ ॥੪॥੩॥ {ਪੰਨਾ 539}

ਪਦਅਰਥ:- ਜਿਤੁ—ਜਿਸ ਦੀ ਰਾਹੀਂ । ਜਿਤੁ ਜਪਿਐ—ਜਿਸ ਦੇ ਜਪਣ ਨਾਲ । ਪਤਿਤ—ਵਿਕਾਰਾਂ ਵਿਚ ਡਿੱਗੇ ਹੋਏ । ਗੁਰਿ—ਗੁਰੂ ਨੇ । ਚਹੁ ਕੁੰਡੀ—ਚਹੁ ਕੂਟਾਂ ਵਿਚ, ਸਾਰੇ ਸੰਸਾਰ ਵਿਚ । ਚਹੁ ਜੁਗਿ—ਚਾਰ ਜੁਗੀ ਸਮੇ ਵਿਚ, ਸਦਾ ਲਈ ਹੀ । ਜਾਤੇ—ਪਰਗਟ ਹੋ ਗਏ, ਨਾਮਣੇ ਵਾਲੇ ਹੋ ਗਏ । ਅੰਮ੍ਰਿਤਿ—ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਵਿਚ । ਹਰਿ ਸਰਿ—ਹਰਿ-ਨਾਮ ਦੇ ਸਰੋਵਰ ਵਿਚ । ਉਧਰੇ—ਡੁੱਬਣੋਂ ਬਚ ਗਏ । ਰਾਤੇ—ਰੰਗੇ ਗਏ ।੪।

ਅਰਥ:- ਹੇ ਮੇਰੀ ਸੋਹਣੀ ਜਿੰਦੇ! ਪਰਮਾਤਮਾ ਦਾ ਨਾਮ ਬੜਾ ਹੀ ਸ੍ਰੇਸ਼ਟ ਹੈ, ਇਸ ਨਾਮ ਦੇ ਜਪਣ ਨਾਲ ਸਾਰੇ (ਪਿਛਲੇ) ਪਾਪ ਦੂਰ ਹੋ ਜਾਂਦੇ ਹਨ । ਹੇ ਮੇਰੀ ਸੋਹਣੀ ਜਿੰਦੇ! ਗੁਰੂ ਨੇ ਹਰਿ-ਨਾਮ ਦੇ ਕੇ ਵਿਕਾਰਾਂ ਵਿਚ ਡਿੱਗਿਆਂ ਹੋਇਆਂ ਨੂੰ ਭੀ ਪਵਿਤ੍ਰ ਬਣਾ ਦਿੱਤਾ, ਉਹ ਸਾਰੇ ਸੰਸਾਰ ਵਿਚ ਸਦਾ ਲਈ ਹੀ ਨਾਮਣੇ ਵਾਲੇ ਹੋ ਗਏ । ਹੇ ਮੇਰੀ ਸੋਹਣੀ ਜਿੰਦੇ! ਜਿਨ੍ਹਾਂ ਮਨੁੱਖਾਂ ਨੇ ਆਤਮਕ ਜੀਵਨ ਦੇਣ ਵਾਲੇ ਹਰਿ-ਨਾਮ ਜਲ ਵਿਚ, ਹਰਿ-ਨਾਮ ਸਰੋਵਰ ਵਿਚ ਇਸ਼ਨਾਨ ਕੀਤਾ, ਉਹਨਾਂ ਦੀ ਹਉਮੈ ਦੀ ਸਾਰੀ ਮੈਲ ਲਹਿ ਗਈ । ਹੇ ਦਾਸ ਨਾਨਕ! (ਆਖ—) ਹੇ ਮੇਰੀ ਸੋਹਣੀ ਜਿੰਦੇ! ਜੇਹੜੇ ਵਿਕਾਰੀ ਤੇ ਪਾਪੀ ਭੀ ਇਕ ਖਿਨ ਵਾਸਤੇ ਹਰਿ-ਨਾਮ-ਰੰਗ ਵਿਚ ਰੰਗੇ ਗਏ, ਉਹ ਸੰਸਾਰ-ਸਮੁੰਦਰ ਵਿਚ ਡੁੱਬਣੋਂ ਬਚ ਗਏ ।੪।੩।

ਬਿਹਾਗੜਾ ਮਹਲਾ ੪ ॥ ਹਉ ਬਲਿਹਾਰੀ ਤਿਨ੍ ਕਉ ਮੇਰੀ ਜਿੰਦੁੜੀਏ ਜਿਨ੍ ਹਰਿ ਹਰਿ ਨਾਮੁ ਅਧਾਰੋ ਰਾਮ ॥ ਗੁਰਿ ਸਤਿਗੁਰਿ ਨਾਮੁ ਦ੍ਰਿੜਾਇਆ ਮੇਰੀ ਜਿੰਦੁੜੀਏ ਬਿਖੁ ਭਉਜਲੁ ਤਾਰਣਹਾਰੋ ਰਾਮ ॥ ਜਿਨ ਇਕ ਮਨਿ ਹਰਿ ਧਿਆਇਆ ਮੇਰੀ ਜਿੰਦੁੜੀਏ ਤਿਨ ਸੰਤ ਜਨਾ ਜੈਕਾਰੋ ਰਾਮ ॥ ਨਾਨਕ ਹਰਿ ਜਪਿ ਸੁਖੁ ਪਾਇਆ ਮੇਰੀ ਜਿੰਦੁੜੀਏ ਸਭਿ ਦੂਖ ਨਿਵਾਰਣਹਾਰੋ ਰਾਮ ॥੧॥ {ਪੰਨਾ 539}

ਪਦਅਰਥ:- ਹਉ—ਮੈਂ, ਹਉਂ । ਬਲਿਹਾਰੀ—ਕੁਰਬਾਨ । ਅਧਾਰੋ—ਆਸਰਾ । ਗੁਰਿ—ਗੁਰੂ ਨੇ । ਦ੍ਰਿੜਾਇਆ—ਹਿਰਦੇ ਵਿਚ ਪੱਕਾ ਕੀਤਾ । ਬਿਖੁ—ਜ਼ਹਿਰ । ਭਉ ਜਲੁ—ਸੰਸਾਰ-ਸਮੁੰਦਰ । ਤਾਰਣਹਾਰੋ—ਤਾਰਨ ਦੀ ਸਮਰਥਾ ਵਾਲਾ । ਇਕ ਮਨਿ—ਇਕਾਗ੍ਰਤਾ ਨਾਲ, ਇਕ ਮਨ ਨਾਲ । ਜੈਕਾਰੋ—ਸੋਭਾ । ਜਪਿ—ਜਪ ਕੇ । ਸਭਿ—ਸਾਰੇ ।੧।

ਅਰਥ:- ਹੇ ਮੇਰੀ ਸੋਹਣੀ ਜਿੰਦੇ! (ਆਖ—) ਮੈਂ ਉਹਨਾਂ ਤੋਂ ਕੁਰਬਾਨ ਹਾਂ ਜਿਨ੍ਹਾਂ ਨੇ ਪਰਾਮਤਮਾ ਦੇ ਨਾਮ ਨੂੰ (ਆਪਣੀ ਜ਼ਿੰਦਗੀ ਦਾ) ਆਸਰਾ ਬਣਾ ਲਿਆ ਹੈ । ਹੇ ਮੇਰੀ ਸੋਹਣੀ ਜਿੰਦੇ! ਗੁਰੂ ਨੇ ਸਤਿਗੁਰੂ ਨੇ ਉਹਨਾਂ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਪੱਕੀ ਤਰ੍ਹਾਂ ਟਿਕਾ ਦਿੱਤਾ ਹੈ । ਗੁਰੂ (ਮਾਇਆ ਦੇ ਮੋਹ ਦੇ) ਜ਼ਹਿਰ (-ਭਰੇ) ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਦੀ ਸਮਰੱਥਾ ਰੱਖਦਾ ਹੈ । ਹੇ ਮੇਰੀ

ਸੋਹਣੀ ਜਿੰਦੇ! ਜਿਨ੍ਹਾਂ ਸੰਤ ਜਨਾਂ ਨੇ ਇਕ-ਮਨ ਹੋ ਕੇ ਪਰਮਾਤਮਾ ਦਾ ਨਾਮ ਸਿਮਰਿਆ ਹੈ, ਉਹਨਾਂ ਦੀ (ਹਰ ਥਾਂ) ਸੋਭਾ-ਵਡਿਆਈ ਹੁੰਦੀ ਹੈ । ਹੇ ਨਾਨਕ! (ਆਖ—) ਹੇ ਮੇਰੀ ਸੋਹਣੀ ਜਿੰਦੇ! ਪਰਮਾਤਮਾ ਦਾ ਨਾਮ ਜਪ ਕੇ ਸੁਖ ਮਿਲ ਜਾਂਦਾ ਹੈ, ਹਰਿ-ਨਾਮ ਸਾਰੇ ਦੁੱਖ ਦੂਰ ਕਰਨ ਦੀ ਸਮਰੱਥਾ ਵਾਲਾ ਹੈ ।੧।

ਸਾ ਰਸਨਾ ਧਨੁ ਧੰਨੁ ਹੈ ਮੇਰੀ ਜਿੰਦੁੜੀਏ ਗੁਣ ਗਾਵੈ ਹਰਿ ਪ੍ਰਭ ਕੇਰੇ ਰਾਮ ॥ ਤੇ ਸ੍ਰਵਨ ਭਲੇ ਸੋਭਨੀਕ ਹਹਿ ਮੇਰੀ ਜਿੰਦੁੜੀਏ ਹਰਿ ਕੀਰਤਨੁ ਸੁਣਹਿ ਹਰਿ ਤੇਰੇ ਰਾਮ ॥ ਸੋ ਸੀਸੁ ਭਲਾ ਪਵਿਤ੍ਰ ਪਾਵਨੁ ਹੈ ਮੇਰੀ ਜਿੰਦੁੜੀਏ ਜੋ ਜਾਇ ਲਗੈ ਗੁਰ ਪੈਰੇ ਰਾਮ ॥ ਗੁਰ ਵਿਟਹੁ ਨਾਨਕੁ ਵਾਰਿਆ ਮੇਰੀ ਜਿੰਦੁੜੀਏ ਜਿਨਿ ਹਰਿ ਹਰਿ ਨਾਮੁ ਚਿਤੇਰੇ ਰਾਮ ॥੨॥ {ਪੰਨਾ 540}

ਪਦਅਰਥ:- ਸਾ—{ਇਸਤ੍ਰੀ ਲਿੰਗ} ਉਹ । ਰਸਨਾ—ਜੀਭ । ਕੇਰੇ—ਦੇ । ਤੇ—{ਬਹੁ-ਵਚਨ} ਉਹ । ਸ੍ਰਵਨ—ਕੰਨ । ਹਹਿ—ਹਨ । ਸੁਣਹਿ—ਸੁਣਦੇ ਹਨ । ਸੀਸੁ—ਸਿਰ । ਪਾਵਨੁ—ਪਵਿਤ੍ਰ । ਜਾਇ—ਜਾ ਕੇ । ਵਿਟਹੁ—ਤੋਂ । ਵਾਰਿਆ—ਕੁਰਬਾਨ ਜਾਂਦਾ ਹੈ । ਚਿਤੇਰੇ—ਚੇਤੇ ਕਰਾਇਆ ਹੈ ।੨।

ਅਰਥ:- ਹੇ ਮੇਰੀ ਸੋਹਣੀ ਜਿੰਦੇ! ਉਹ ਜੀਭ ਭਾਗਾਂ ਵਾਲੀ ਹੈ ਮੁਬਾਰਿਕ ਹੈ, ਜੇਹੜੀ (ਸਦਾ) ਪਰਾਮਤਮਾ ਦੇ ਗੁਣ ਗਾਂਦੀ ਰਹਿੰਦੀ ਹੈ । ਹੇ ਮੇਰੀ ਸੋਹਣੀ ਜਿੰਦੇ! (ਆਖ—) ਹੇ ਪ੍ਰਭੂ! ਉਹ ਕੰਨ ਸੋਹਣੇ ਹਨ ਚੰਗੇ ਹਨ ਜੇਹੜੇ ਤੇਰੇ ਕੀਰਤਨ ਸੁਣਦੇ ਰਹਿੰਦੇ ਹਨ । ਹੇ ਮੇਰੀ ਸੋਹਣੀ ਜਿੰਦੇ! ਉਹ ਸਿਰ ਭਾਗਾਂ ਵਾਲਾ ਹੈ ਪਵਿਤ੍ਰ ਹੈ, ਜੇਹੜਾ ਗੁਰੂ ਦੇ ਚਰਨਾਂ ਵਿਚ ਜਾ ਲੱਗਦਾ ਹੈ । ਹੇ ਮੇਰੀ ਸੋਹਣੀ ਜਿੰਦੇ! ਨਾਨਕ (ਉਸ) ਗੁਰੂ ਤੋਂ ਕੁਰਬਾਨ ਜਾਂਦਾ ਹੈ ਜਿਸ ਨੇ (ਨਾਨਕ ਨੂੰ) ਪਰਮਾਤਮਾ ਦਾ ਨਾਮ ਚੇਤੇ ਕਰਾਇਆ ਹੈ ।੨।

ਤੇ ਨੇਤ੍ਰ ਭਲੇ ਪਰਵਾਣੁ ਹਹਿ ਮੇਰੀ ਜਿੰਦੁੜੀਏ ਜੋ ਸਾਧੂ ਸਤਿਗੁਰੁ ਦੇਖਹਿ ਰਾਮ ॥ ਤੇ ਹਸਤ ਪੁਨੀਤ ਪਵਿਤ੍ਰ ਹਹਿ ਮੇਰੀ ਜਿੰਦੁੜੀਏ ਜੋ ਹਰਿ ਜਸੁ ਹਰਿ ਹਰਿ ਲੇਖਹਿ ਰਾਮ ॥ ਤਿਸੁ ਜਨ ਕੇ ਪਗ ਨਿਤ ਪੂਜੀਅਹਿ ਮੇਰੀ ਜਿੰਦੁੜੀਏ ਜੋ ਮਾਰਗਿ ਧਰਮ ਚਲੇਸਹਿ ਰਾਮ ॥ ਨਾਨਕੁ ਤਿਨ ਵਿਟਹੁ ਵਾਰਿਆ ਮੇਰੀ ਜਿੰਦੁੜੀਏ ਹਰਿ ਸੁਣਿ ਹਰਿ ਨਾਮੁ ਮਨੇਸਹਿ ਰਾਮ ॥੩॥ {ਪੰਨਾ 540}

ਪਦਅਰਥ:- ਤੇ ਨੇਤ੍ਰ—ਉਹ ਅੱਖਾਂ । ਪਰਵਾਣੁ—ਕਬੂਲ, ਸਫਲ । ਹਹਿ—ਹਨ {ਬਹੁ-ਵਚਨ} । ਸਾਧੂ—ਗੁਰੂ । ਦੇਖਹਿ—ਵੇਖਦੀਆਂ ਹਨ । ਹਸਤ—{hÔq} ਹੱਥ । ਪੁਨੀਤ—ਪਵਿਤ੍ਰ । ਜਸੁ—ਸਿਫ਼ਤਿ-ਸਾਲਾਹ । ਲੇਖਹਿ—ਲਿਖਦੇ ਹਨ । ਪਗ—ਪੈਰ । ਪੂਜੀਅਹਿ—ਪੂਜੇ ਜਾਂਦੇ ਹਨ । ਮਾਰਗਿ ਧਰਮ—ਧਰਮ ਦੇ ਰਸਤੇ ਉਤੇ । ਚਲੇਸਹਿ—ਚੱਲਣਗੇ, ਚੱਲਦੇ ਹਨ । ਸੁਣਿ—ਸੁਣ ਕੇ । ਮਨੇਸਹਿ—ਮੰਨਦੇ ਹਨ, ਮੰਨਣਗੇ ।੩।

ਅਰਥ:- ਹੇ ਮੇਰੀ ਸੋਹਣੀ ਜਿੰਦੇ! ਉਹ ਅੱਖਾਂ ਭਲੀਆਂ ਹਨ ਸਫਲ ਹਨ ਜੋ ਗੁਰੂ ਦਾ ਦਰਸਨ ਕਰਦੀਆਂ ਰਹਿੰਦੀਆਂ ਹਨ, ਉਹ ਹੱਥ ਪਵਿਤ੍ਰ ਹਨ ਜੇਹੜੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਲਿਖਦੇ ਰਹਿੰਦੇ ਹਨ । ਹੇ ਮੇਰੀ ਸੋਹਣੀ ਜਿੰਦੇ! ਉਸ ਮਨੁੱਖ ਦੇ (ਉਹ) ਪੈਰ ਸਦਾ ਪੂਜੇ ਜਾਂਦੇ ਹਨ ਜੇਹੜੇ (ਪੈਰ) ਧਰਮ ਦੇ

ਰਾਹ ਉਤੇ ਤੁਰਦੇ ਰਹਿੰਦੇ ਹਨ । ਹੇ ਮੇਰੀ ਸੋਹਣੀ ਜਿੰਦੇ! ਨਾਨਕ ਉਹਨਾਂ (ਵਡ-ਭਾਗੀ) ਮਨੁੱਖਾਂ ਤੋਂ ਕੁਰਬਾਨ ਜਾਂਦਾ ਹੈ ਜੇਹੜੇ ਪਰਮਾਤਮਾ ਦਾ ਨਾਮ ਸੁਣ ਕੇ ਨਾਮ ਨੂੰ ਮੰਨਦੇ ਹਨ (ਜੀਵਨ-ਅਧਾਰ ਬਣਾ ਲੈਂਦੇ ਹਨ) ।੩।

ਧਰਤਿ ਪਾਤਾਲੁ ਆਕਾਸੁ ਹੈ ਮੇਰੀ ਜਿੰਦੁੜੀਏ ਸਭ ਹਰਿ ਹਰਿ ਨਾਮੁ ਧਿਆਵੈ ਰਾਮ ॥ ਪਉਣੁ ਪਾਣੀ ਬੈਸੰਤਰੋ ਮੇਰੀ ਜਿੰਦੁੜੀਏ ਨਿਤ ਹਰਿ ਹਰਿ ਹਰਿ ਜਸੁ ਗਾਵੈ ਰਾਮ ॥ ਵਣੁ ਤ੍ਰਿਣੁ ਸਭੁ ਆਕਾਰੁ ਹੈ ਮੇਰੀ ਜਿੰਦੁੜੀਏ ਮੁਖਿ ਹਰਿ ਹਰਿ ਨਾਮੁ ਧਿਆਵੈ ਰਾਮ ॥ ਨਾਨਕ ਤੇ ਹਰਿ ਦਰਿ ਪੈਨ੍ਹਾਇਆ ਮੇਰੀ ਜਿੰਦੁੜੀਏ ਜੋ ਗੁਰਮੁਖਿ ਭਗਤਿ ਮਨੁ ਲਾਵੈ ਰਾਮ ॥੪॥੪॥ {ਪੰਨਾ 540}

ਪਦਅਰਥ:- ਪਉਣੁ—ਹਵਾ । ਬੈਸੰਤਰੋ—ਬੈਸੰਤਰੁ, ਅੱਗ । ਜਸੁ—ਸਿਫ਼ਤਿ-ਸਾਲਾਹ ਦਾ ਗੀਤ । ਵਣੁ—ਜੰਗਲ । ਤ੍ਰਿਣੁ—ਘਾਹ । ਸਭੁ—ਸਾਰਾ । ਆਕਾਰੁ—ਦਿੱਸਦਾ ਸੰਸਾਰ । ਮੁਖਿ—ਮੂੰਹ ਨਾਲ । ਨਾਨਕ—ਹੇ ਨਾਨਕ! ਤੇ—(ਬਹੁ-ਵਚਨ) ਉਹ ਬੰਦੇ । ਦਰਿ—ਦਰ ਉਤੇ । ਪੈਨ੍ਹਾਇਆ—(ਸਿਰੋਪਾ) ਪਹਿਨਾਏ ਜਾਂਦੇ ਹਨ, ਸਤਕਾਰੇ ਜਾਂਦੇ ਹਨ । ਜੋ—ਜੋ ਜੋ, ਜੇਹੜਾ ਜੇਹੜਾ । ਭਗਤਿ ਮਨੁ ਲਾਵੈ—ਭਗਤੀ ਵਿਚ ਮਨ ਜੋੜਦਾ ਹੈ ।੪।

ਅਰਥ:- ਹੇ ਮੇਰੀ ਸੋਹਣੀ ਜਿੰਦੇ! ਧਰਤੀ, ਪਾਤਾਲ, ਆਕਾਸ਼—ਹਰੇਕ ਹੀ ਪਰਮਾਤਮਾ ਦਾ ਨਾਮ ਸਿਮਰ ਰਿਹਾ ਹੈ । ਹੇ ਮੇਰੀ ਸੋਹਣੀ ਜਿੰਦੇ! ਹਵਾ ਪਾਣੀ, ਅੱਗ—ਹਰੇਕ ਤੱਤ ਭੀ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾ ਰਿਹਾ ਹੈ । ਹੇ ਮੇਰੀ ਸੋਹਣੀ ਜਿੰਦੇ! ਜੰਗਲ, ਘਾਹ, ਇਹ ਸਾਰਾ ਦਿੱਸਦਾ ਸੰਸਾਰ—ਆਪਣੇ ਮੂੰਹ ਨਾਲ ਹਰੇਕ ਹੀ ਪਰਮਾਤਮਾ ਦਾ ਨਾਮ ਜਪ ਰਿਹਾ ਹੈ । ਹੇ ਨਾਨਕ! (ਆਖ—) ਹੇ ਮੇਰੀ ਸੋਹਣੀ ਜਿੰਦੇ! ਜੇਹੜਾ ਜੇਹੜਾ ਜੀਵ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੀ ਭਗਤੀ ਵਿਚ ਆਪਣਾ ਮਨ ਜੋੜਦਾ ਹੈ, ਉਹ ਸਾਰੇ ਪਰਾਮਤਮਾ ਦੇ ਦਰ ਤੇ ਸਤਕਾਰੇ ਜਾਂਦੇ ਹਨ ।੪।੪।

ਬਿਹਾਗੜਾ ਮਹਲਾ ੪ ॥ ਜਿਨ ਹਰਿ ਹਰਿ ਨਾਮੁ ਨ ਚੇਤਿਓ ਮੇਰੀ ਜਿੰਦੁੜੀਏ ਤੇ ਮਨਮੁਖ ਮੂੜ ਇਆਣੇ ਰਾਮ ॥ ਜੋ ਮੋਹਿ ਮਾਇਆ ਚਿਤੁ ਲਾਇਦੇ ਮੇਰੀ ਜਿੰਦੁੜੀਏ ਸੇ ਅੰਤਿ ਗਏ ਪਛੁਤਾਣੇ ਰਾਮ ॥ ਹਰਿ ਦਰਗਹ ਢੋਈ ਨਾ ਲਹਨਿ੍ ਮੇਰੀ ਜਿੰਦੁੜੀਏ ਜੋ ਮਨਮੁਖ ਪਾਪਿ ਲੁਭਾਣੇ ਰਾਮ ॥ ਜਨ ਨਾਨਕ ਗੁਰ ਮਿਲਿ ਉਬਰੇ ਮੇਰੀ ਜਿੰਦੁੜੀਏ ਹਰਿ ਜਪਿ ਹਰਿ ਨਾਮਿ ਸਮਾਣੇ ਰਾਮ ॥੧॥ {ਪੰਨਾ 540}

ਪਦਅਰਥ:- ਚੇਤਿਓ—ਸਿਮਰਿਆ, ਚੇਤੇ ਕੀਤਾ । ਤੇ—{ਬਹੁ-ਵਚਨ} ਉਹ ਬੰਦੇ । ਮਨਮੁਖ—ਆਪਣੇ ਮਨ ਵਲ ਹੀ ਮੂੰਹ ਰੱਖਣ ਵਾਲੇ । ਮੂੜ—ਮੂਰਖ । ਮੋਹਿ—ਮੋਹ ਵਿਚ । ਸੇ—{ਬਹੁ-ਵਚਨ} ਉਹ । ਅੰਤਿ—ਅਖ਼ੀਰ ਵੇਲੇ । ਢੋਈ—ਆਸਰਾ, ਥਾਂ । ਲਹਨਿ੍—ਲੈਂਦੇ {ਬਹੁ-ਵਚਨ} । ਪਾਪਿ—ਪਾਪ ਵਿਚ । ਗੁਰ ਮਿਲਿ—ਗੁਰੂ ਨੂੰ ਮਿਲ ਕੇ । ਉਬਰੇ—(ਸੰਸਾਰ-ਸਮੁੰਦਰ ਵਿਚ ਡੁੱਬਣੋਂ) ਬਚ ਜਾਂਦੇ ਹਨ । ਨਾਮਿ—ਨਾਮ ਵਿਚ ।੧।

ਅਰਥ:- ਹੇ ਮੇਰੀ ਸੋਹਣੀ ਜਿੰਦੇ! ਜਿਨ੍ਹਾਂ ਮਨੁੱਖਾਂ ਨੇ (ਕਦੇ) ਪਰਮਾਤਮਾ ਦਾ ਨਾਮ ਚੇਤੇ ਨਹੀਂ ਕੀਤਾ, ਉਹ ਆਪਣੇ ਹੀ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਮੂਰਖ ਹਨ ਅੰਞਾਣ ਹਨ । ਹੇ ਮੇਰੀ ਸੋਹਣੀ ਜਿੰਦੇ! ਜੇਹੜੇ ਮਨੁੱਖ ਮਾਇਆ ਦੇ ਮੋਹ ਵਿਚ ਆਪਣਾ ਮਨ ਜੋੜੀ ਰੱਖਦੇ ਹਨ ਉਹ ਅਖ਼ੀਰ ਵੇਲੇ (ਇਥੋਂ) ਹੱਥ

ਮਲਦੇ ਜਾਂਦੇ ਹਨ । ਹੇ ਮੇਰੀ ਸੋਹਣੀ ਜਿੰਦੇ! ਆਪਣੇ ਹੀ ਮਨ ਦੇ ਪਿੱਛੇ ਤੁਰਨ ਵਾਲੇ ਜੇਹੜੇ ਮਨੁੱਖ (ਸਦਾ) ਪਾਪ-ਕਰਮ ਵਿਚ ਫਸੇ ਰਹਿੰਦੇ ਹਨ ਉਹ ਪਰਮਾਤਮਾ ਦੀ ਦਰਗਾਹ ਵਿਚ ਆਸਰਾ ਪ੍ਰਾਪਤ ਨਹੀਂ ਕਰ ਸਕਦੇ । ਹੇ ਦਾਸ ਨਾਨਕ! (ਆਖ—) ਹੇ ਮੇਰੀ ਸੋਹਣੀ ਜਿੰਦੇ! ਗੁਰੂ ਨੂੰ ਮਿਲ ਕੇ (ਵਡ-ਭਾਗੀ ਮਨੁੱਖ ਸੰਸਾਰ-ਸਮੁੰਦਰ ਵਿਚ ਡੁੱਬਣੋਂ) ਬਚ ਜਾਂਦੇ ਹਨ (ਕਿਉਂਕਿ ਉਹ) ਪਰਮਾਤਮਾ ਦਾ ਨਾਮ ਜਪ ਕੇ ਪਰਮਾਤਮਾ ਦੇ ਨਾਮ ਵਿਚ ਮਗਨ ਰਹਿੰਦੇ ਹਨ ।੧।

ਸਭਿ ਜਾਇ ਮਿਲਹੁ ਸਤਿਗੁਰੂ ਕਉ ਮੇਰੀ ਜਿੰਦੁੜੀਏ ਜੋ ਹਰਿ ਹਰਿ ਨਾਮੁ ਦ੍ਰਿੜਾਵੈ ਰਾਮ ॥ ਹਰਿ ਜਪਦਿਆ ਖਿਨੁ ਢਿਲ ਨ ਕੀਜਈ ਮੇਰੀ ਜਿੰਦੁੜੀਏ ਮਤੁ ਕਿ ਜਾਪੈ ਸਾਹੁ ਆਵੈ ਕਿ ਨ ਆਵੈ ਰਾਮ ॥ ਸਾ ਵੇਲਾ ਸੋ ਮੂਰਤੁ ਸਾ ਘੜੀ ਸੋ ਮੁਹਤੁ ਸਫਲੁ ਹੈ ਮੇਰੀ ਜਿੰਦੁੜੀਏ ਜਿਤੁ ਹਰਿ ਮੇਰਾ ਚਿਤਿ ਆਵੈ ਰਾਮ ॥ ਜਨ ਨਾਨਕ ਨਾਮੁ ਧਿਆਇਆ ਮੇਰੀ ਜਿੰਦੁੜੀਏ ਜਮਕੰਕਰੁ ਨੇੜਿ ਨ ਆਵੈ ਰਾਮ ॥੨॥ {ਪੰਨਾ 540}

ਪਦ ਅਰਥ:- ਸਭਿ—ਸਾਰੇ । ਜਾਇ—ਜਾ ਕੇ । ਕਉ—ਨੂੰ । ਕੀਜਈ—ਕਰਨੀ ਚਾਹੀਦੀ । ਮਤੁ—ਮਤਾਂ, ਇਹ ਨਾਹ ਹੋਵੇ । ਕਿ ਜਾਪੈ—ਕੀਹ ਪਤਾ ਹੈ? ਕਿ—ਜਾਂ । ਮੂਰਤੁ, ਮੁਹਤੁ—ਮਹੂਰਤ, ਸਮਾ । ਸਫਲੁ—ਫਲ ਦੇਣ ਵਾਲਾ, ਭਾਗਾਂ ਵਾਲਾ । ਜਿਤੁ—ਜਿਸ (ਸਮੇ) ਵਿਚ । ਚਿਤਿ—ਚਿੱਤ ਵਿਚ । ਕੰਕਰੁ—{ikMkr} ਦਾਸ, ਸੇਵਕ । ਜਮ ਕੰਕਰੁ—ਜਮ ਦਾ ਦਾਸ, ਜਮਦੂਤ ।੨।

ਅਰਥ:- ਹੇ ਮੇਰੀ ਸੋਹਣੀ ਜਿੰਦੇ! (ਆਖ—) ਹੇ ਭਾਈ! ਸਾਰੇ ਗੁਰੂ ਨੂੰ ਜਾ ਮਿਲੋ ਕਿਉਂਕਿ ਉਹ (ਗੁਰੂ) ਪਰਮਾਤਮਾ ਦਾ ਨਾਮ ਹਿਰਦੇ ਵਿਚ ਪੱਕਾ ਕਰ ਦੇਂਦਾ ਹੈ । ਹੇ ਮੇਰੀ ਸੋਹਣੀ ਜਿੰਦੇ! ਪਰਮਾਤਮਾ ਦਾ ਨਾਮ ਜਪਦਿਆਂ ਰਤਾ ਭਰ ਭੀ ਦੇਰ ਨਹੀਂ ਕਰਨੀ ਚਾਹੀਦੀ । ਕੀਹ ਪਤਾ ਹੈ! ਮਤਾਂ ਅਗਲਾ ਸਾਹ ਲਿਆ ਜਾਏ ਜਾਂ ਨਾਹ ਲਿਆ ਜਾਏ । ਹੇ ਮੇਰੀ ਸੋਹਣੀ ਜਿੰਦੇ! ਉਹ ਵੇਲਾ ਭਾਗਾਂ ਵਾਲਾ ਹੈ, ਉਹ ਘੜੀ ਭਾਗਾਂ ਵਾਲੀ ਹੈ, ਉਹ ਸਮਾ ਭਾਗਾਂ ਵਾਲਾ ਹੈ, ਜਿਸ ਵੇਲੇ ਪਿਆਰਾ ਪਰਮਾਤਮਾ ਚਿੱਤ ਵਿਚ ਆ ਵੱਸਦਾ ਹੈ । ਹੇ ਦਾਸ ਨਾਨਕ! (ਆਖ—) ਹੇ ਮੇਰੀ ਸੋਹਣੀ ਜਿੰਦੇ! ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ (ਹਰ ਵੇਲੇ) ਸਿਮਰਿਆ ਹੈ, ਜਮ ਦੂਤ ਉਸ ਦੇ ਨੇੜੇ ਨਹੀਂ ਢੁੱਕਦਾ (ਮੌਤ ਦਾ ਡਰ ਉਸ ਨੂੰ ਪੋਹ ਨਹੀਂ ਸਕਦਾ, ਉਸ ਨੂੰ ਆਤਮਕ ਮੌਤ ਨਹੀਂ ਆਉਂਦੀ) ।੨।

ਹਰਿ ਵੇਖੈ ਸੁਣੈ ਨਿਤ ਸਭੁ ਕਿਛੁ ਮੇਰੀ ਜਿੰਦੁੜੀਏ ਸੋ ਡਰੈ ਜਿਨਿ ਪਾਪ ਕਮਤੇ ਰਾਮ ॥ ਜਿਸੁ ਅੰਤਰੁ ਹਿਰਦਾ ਸੁਧੁ ਹੈ ਮੇਰੀ ਜਿੰਦੁੜੀਏ ਤਿਨਿ ਜਨਿ ਸਭਿ ਡਰ ਸੁਟਿ ਘਤੇ ਰਾਮ ॥ ਹਰਿ ਨਿਰਭਉ ਨਾਮਿ ਪਤੀਜਿਆ ਮੇਰੀ ਜਿੰਦੁੜੀਏ ਸਭਿ ਝਖ ਮਾਰਨੁ ਦੁਸਟ ਕੁਪਤੇ ਰਾਮ ॥ ਗੁਰੁ ਪੂਰਾ ਨਾਨਕਿ ਸੇਵਿਆ ਮੇਰੀ ਜਿੰਦੁੜੀਏ ਜਿਨਿ ਪੈਰੀ ਆਣਿ ਸਭਿ ਘਤੇ ਰਾਮ ॥੩॥ {ਪੰਨਾ 540-541}

ਪਦਅਰਥ:- ਵੇਖੈ—ਵੇਖਦਾ ਹੈ । ਸੁਣੈ—ਸੁਣਦਾ ਹੈ । ਜਿਨਿ—ਜਿਸ (ਮਨੁੱਖ) ਨੇ । ਕਮਤੇ—ਕਮਾਏ । ਅੰਤਰੁ ਹਿਰਦਾ—ਅੰਦਰਲਾ ਹਿਰਦਾ । ਤਿਨਿ—ਉਸ ਨੇ । ਜਨਿ—ਜਨ ਨੇ । ਤਿਨਿ ਜਨਿ—ਉਸ ਮਨੁੱਖ ਨੇ । ਸਭਿ—ਸਾਰੇ । ਨਾਮਿ—ਨਾਮ ਵਿਚ । ਪਤੀਜਿਆ—ਗਿੱਝ ਗਿਆ । ਮਾਰਨੁ—ਬੇਸ਼ਕ ਮਾਰਦੇ ਰਹਿਣ {ਹੁਕਮੀ ਭਵਿੱਖਤ, ਅੱਨ ਪੁਰਖ, ਬਹੁ-ਵਚਨ । ਲਫ਼ਜ਼ 'ਮਾਰਨਿ' ਵਰਤਮਾਨ ਕਾਲ,

ਅੱਨ ਪੁਰਖ, ਬਹੁ-ਵਚਨ ਹੈ । ਇਸ ਦਾ ਅਰਥ ਹੈ 'ਮਾਰਦੇ ਹਨ'} । ਦੁਸਟ—(ਕਾਮਾਦਿਕ) ਵੈਰੀ । ਕੁਪਤੇ—ਕੁਪੱਤੇ, ਲੜਾਕੇ । ਨਾਨਕਿ—ਨਾਨਕ ਨੇ । ਜਿਨਿ—ਜਿਸ (ਗੁਰੂ) ਨੇ । ਆਣਿ—ਲਿਆ ਕੇ । ਸਭਿ—ਸਾਰੇ (ਦੁਸਟ ਕੁਪੱਤੇ) ।੩।

ਅਰਥ:- ਹੇ ਮੇਰੀ ਸੋਹਣੀ ਜਿੰਦੇ! (ਜੇਹੜੇ ਕੰਮ ਅਸੀ ਕਰਦੇ ਹਾਂ, ਜੇਹੜੇ ਬੋਲ ਅਸੀ ਬੋਲਦੇ ਹਾਂ) ਪਰਮਾਤਮਾ ਉਹ ਸਭ ਕੁਝ ਸਦਾ ਵੇਖਦਾ ਰਹਿੰਦਾ ਹੈ, ਤੇ, ਸੁਣਦਾ ਰਹਿੰਦਾ ਹੈ । ਜਿਸ ਮਨੁੱਖ ਨੇ (ਸਾਰੀ ਉਮਰ) ਪਾਪ ਕਮਾਏ ਹੁੰਦੇ ਹਨ, ਉਹ ਡਰਦਾ ਹੈ । (ਪਰ) ਹੇ ਮੇਰੀ ਸੋਹਣੀ ਜਿੰਦੇ! ਜਿਸ (ਮਨੁੱਖ) ਦਾ ਅੰਦਰਲਾ ਹਿਰਦਾ ਪਵਿਤ੍ਰ ਹੈ, ਉਸ ਮਨੁੱਖ ਨੇ ਸਾਰੇ ਡਰ ਲਾਹ ਦਿੱਤੇ ਹੁੰਦੇ ਹਨ । ਜੇਹੜਾ ਮਨੁੱਖ ਨਿਰਭਉ ਪਰਮਾਤਮਾ ਦੇ ਨਾਮ ਵਿਚ ਗਿੱਝ ਜਾਂਦਾ ਹੈ, (ਕਾਮਾਦਿਕ) ਸਾਰੇ ਕੁਪੱਤੇ ਵੈਰੀ ਬੇਸ਼ਕ ਪਏ ਝਖਾਂ ਮਾਰਨ (ਉਸ ਮਨੁੱਖ ਦਾ ਕੁਝ ਵਿਗਾੜ ਨਹੀਂ ਸਕਦੇ) । ਹੇ ਮੇਰੀ ਸੋਹਣੀ ਜਿੰਦੇ! ਨਾਨਕ ਨੇ ਉਸ ਪੂਰੇ ਗੁਰੂ ਦੀ ਸਰਨ ਲਈ ਹੈ ਜਿਸ ਨੇ ਸਾਰੇ (ਕੁਪੱਤੇ ਦੁਸ਼ਟ, ਸਰਨ ਆਏ ਮਨੁੱਖ ਦੇ) ਪੈਰਾਂ ਵਿਚ ਲਿਆ ਕੇ ਰੱਖ ਦਿੱਤੇ ਹਨ ।੩।

ਸੋ ਐਸਾ ਹਰਿ ਨਿਤ ਸੇਵੀਐ ਮੇਰੀ ਜਿੰਦੁੜੀਏ ਜੋ ਸਭ ਦੂ ਸਾਹਿਬੁ ਵਡਾ ਰਾਮ ॥ ਜਿਨ੍ਹੀ ਇਕ ਮਨਿ ਇਕੁ ਅਰਾਧਿਆ ਮੇਰੀ ਜਿੰਦੁੜੀਏ ਤਿਨਾ ਨਾਹੀ ਕਿਸੈ ਦੀ ਕਿਛੁ ਚਡਾ ਰਾਮ ॥ ਗੁਰ ਸੇਵਿਐ ਹਰਿ ਮਹਲੁ ਪਾਇਆ ਮੇਰੀ ਜਿੰਦੁੜੀਏ ਝਖ ਮਾਰਨੁ ਸਭਿ ਨਿੰਦਕ ਘੰਡਾ ਰਾਮ ॥ ਜਨ ਨਾਨਕ ਨਾਮੁ ਧਿਆਇਆ ਮੇਰੀ ਜਿੰਦੁੜੀਏ ਧੁਰਿ ਮਸਤਕਿ ਹਰਿ ਲਿਖਿ ਛਡਾ ਰਾਮ ॥੪॥੫॥ {ਪੰਨਾ 541}

ਪਦਅਰਥ:- ਸੇਵੀਐ—ਸੇਵਾ-ਭਗਤੀ ਕਰਨੀ ਚਾਹੀਦੀ ਹੈ । ਸਭ ਦੂ—ਸਭ ਤੋਂ । ਸਾਹਿਬੁ—ਮਾਲਕ । ਇਕ ਮਨਿ—ਇਕ ਮਨ ਨਾਲ, ਸੁਰਤਿ ਜੋੜ ਕੇ । ਚਡਾ—ਮੁਥਾਜੀ । ਗੁਰ ਸੇਵਿਐ—ਜੇ ਗੁਰੂ ਦੀ ਸੇਵਾ ਕੀਤੀ ਜਾਏ {ਲਫ਼ਜ਼ 'ਸੇਵੀਐ' ਅਤੇ 'ਸੇਵਿਐ' ਦਾ ਫ਼ਰਕ ਚੇਤੇ ਰੱਖੋ} । ਹਰਿ ਮਹਲੁ—ਪਰਮਾਤਮਾ ਦਾ ਘਰ, ਪਰਮਾਤਮਾ ਦੀ ਹਜ਼ੂਰੀ । ਸਭਿ—ਸਾਰੇ । ਘੰਡਾ—ਚਾਲਾਕ, ਕੁਪੱਤੇ । ਧੁਰਿ—ਧੁਰ ਦਰਗਾਹ ਤੋਂ । ਮਸਤਕਿ—ਮੱਥੇ ਉਤੇ । ਲਿਖਿ ਛਡਾ—ਲਿਖ ਰੱਖਿਆ ਹੈ ।੪।

ਅਰਥ:- ਹੇ ਮੇਰੀ ਸੋਹਣੀ ਜਿੰਦੇ! ਸਦਾ ਉਸ ਪਰਮਾਤਮਾ ਦੀ ਸੇਵਾ-ਭਗਤੀ ਕਰਨੀ ਚਾਹੀਦੀ ਹੈ ਜੇਹੜਾ ਸਭ ਤੋਂ ਵੱਡਾ ਮਾਲਕ ਹੈ । ਜਿਨ੍ਹਾਂ ਮਨੁੱਖਾਂ ਨੇ ਸੁਰਤਿ ਜੋੜ ਕੇ ਇਕ ਪਰਮਾਤਮਾ ਦਾ ਸਿਮਰਨ ਕੀਤਾ ਉਹਨਾਂ ਨੂੰ ਕਿਸੇ ਦੀ ਕੋਈ ਮੁਥਾਜੀ ਨਹੀਂ ਰਹਿ ਜਾਂਦੀ । ਹੇ ਮੇਰੀ ਸੋਹਣੀ ਜਿੰਦੇ! ਗੁਰੂ ਦੀ ਸਰਨ ਪਿਆਂ ਪਰਮਾਤਮਾ ਦਾ ਦਰ ਪ੍ਰਾਪਤ ਹੋ ਜਾਂਦਾ ਹੈ, (ਫਿਰ) ਸਾਰੇ ਹੀ ਚਾਲਾਕ ਨਿੰਦਕ ਪਏ ਜ਼ੋਰ ਲਾਣ (ਉਸ ਦਾ ਕੁਝ ਵਿਗਾੜ ਨਹੀਂ ਸਕਦੇ) । ਹੇ ਦਾਸ ਨਾਨਕ! (ਆਖ—) ਹੇ ਮੇਰੀ ਸੋਹਣੀ ਜਿੰਦੇ! (ਉਹਨਾਂ ਮਨੁੱਖਾਂ ਨੇ ਹੀ) ਪਰਮਾਤਮਾ ਦਾ ਨਾਮ ਸਿਮਰਿਆ ਹੈ (ਜਿਨ੍ਹਾਂ ਦੇ) ਮੱਥੇ ਉੱਤੇ ਪਰਮਾਤਮਾ ਨੇ ਧੁਰ ਦਰਗਾਹ ਤੋਂ (ਸਿਮਰਨ ਦਾ) ਲੇਖ ਲਿਖ ਰੱਖਿਆ ਹੈ ।੪।੫।

ਬਿਹਾਗੜਾ ਮਹਲਾ ੪ ॥ ਸਭਿ ਜੀਅ ਤੇਰੇ ਤੂੰ ਵਰਤਦਾ ਮੇਰੇ ਹਰਿ ਪ੍ਰਭ ਤੂੰ ਜਾਣਹਿ ਜੋ ਜੀਇ ਕਮਾਈਐ ਰਾਮ ॥ ਹਰਿ ਅੰਤਰਿ ਬਾਹਰਿ ਨਾਲਿ ਹੈ ਮੇਰੀ ਜਿੰਦੁੜੀਏ ਸਭ ਵੇਖੈ ਮਨਿ ਮੁਕਰਾਈਐ ਰਾਮ ॥ ਮਨਮੁਖਾ ਨੋ ਹਰਿ ਦੂਰਿ ਹੈ ਮੇਰੀ ਜਿੰਦੁੜੀਏ ਸਭ ਬਿਰਥੀ ਘਾਲ

ਗਵਾਈਐ ਰਾਮ ॥ ਜਨ ਨਾਨਕ ਗੁਰਮੁਖਿ ਧਿਆਇਆ ਮੇਰੀ ਜਿੰਦੁੜੀਏ ਹਰਿ ਹਾਜਰੁ ਨਦਰੀ ਆਈਐ ਰਾਮ ॥੧॥ {ਪੰਨਾ 541}

ਪਦਅਰਥ:- ਸਭਿ—ਸਾਰੇ । ਜੀਅ—{ਲਫ਼ਜ਼ 'ਜੀਉ' ਤੋਂ ਬਹੁ-ਵਚਨ} । ਪ੍ਰਭ—ਹੇ ਪ੍ਰਭੂ! ਜੀਇ—ਜੀ ਵਿਚ, ਮਨ ਵਿਚ । ਕਮਾਈਐ—ਕਮਾਈਦਾ ਹੈ । ਮਨਿ—ਮਨ ਵਿਚ । ਮੁਕਰਾਈਐ—ਮੁੱਕਰ ਜਾਈਦਾ ਹੈ । ਮਨਮੁਖ—ਆਪਣੇ ਮਨ ਦੇ ਪਿਛੇ ਤੁਰਨ ਵਾਲੇ । ਘਾਲ—ਮੇਹਨਤ । ਗਵਾਈਐ—ਗਵਾਚ ਜਾਂਦੀ ਹੈ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਹਾਜਰੁ—ਪਰਤੱਖ, ਹਰ ਥਾਂ ਵੱਸਦਾ । ਆਈਐ—ਆ ਜਾਂਦਾ ਹੈ ।੧।

ਅਰਥ:- ਹੇ ਮੇਰੇ ਹਰੀ! ਹੇ ਮੇਰੇ ਪ੍ਰਭੂ (ਸ੍ਰਿਸ਼ਟੀ ਦੇ) ਸਾਰੇ ਜੀਵ ਤੇਰੇ (ਹੀ ਪੈਦਾ ਕੀਤੇ ਹੋਏ) ਹਨ, ਤੂੰ (ਸਭ ਜੀਵਾਂ ਵਿਚ) ਮੌਜੂਦ ਹੈਂ, ਜੋ ਕੁਝ (ਜੀਵਾਂ ਦੇ) ਜੀ ਵਿਚ ਚਿਤਾਰਿਆ ਜਾਂਦਾ ਹੈ ਤੂੰ (ਉਹ ਸਭ ਕੁਝ) ਜਾਣਦਾ ਹੈਂ । ਹੇ ਮੇਰੀ ਸੋਹਣੀ ਜਿੰਦੇ! ਪਰਮਾਤਮਾ ਸਾਡੇ ਅੰਦਰ ਬਾਹਰ (ਹਰ ਥਾਂ ਸਾਡੇ) ਨਾਲ ਹੈ, ਜੋ ਕੁਝ ਸਾਡੇ ਮਨ ਵਿਚ ਹੁੰਦਾ ਹੈ ਉਹ ਸਭ ਵੇਖਦਾ ਹੈ, (ਪਰ ਫਿਰ ਭੀ) ਮੁਕਰ ਜਾਈਦਾ ਹੈ । ਹੇ ਮੇਰੀ ਸੋਹਣੀ ਜਿੰਦੇ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖਾਂ ਨੂੰ ਪਰਮਾਤਮਾ ਕਿਤੇ ਦੂਰ ਵੱਸਦਾ ਜਾਪਦਾ ਹੈ, ਉਹਨਾਂ ਦੀ ਕੀਤੀ ਹੋਈ ਮੇਹਨਤ ਵਿਅਰਥ ਚਲੀ ਜਾਂਦੀ ਹੈ । ਹੇ ਦਾਸ ਨਾਨਕ! (ਆਖ—) ਹੇ ਮੇਰੀ ਸੋਹਣੀ ਜਿੰਦੇ! ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਸਿਮਰਿਆ ਹੈ ਉਹਨਾਂ ਨੂੰ ਪਰਮਾਤਮਾ ਹਰ ਥਾਂ ਵੱਸਦਾ ਦਿੱਸਦਾ ਹੈ ।੧।

ਸੇ ਭਗਤ ਸੇ ਸੇਵਕ ਮੇਰੀ ਜਿੰਦੁੜੀਏ ਜੋ ਪ੍ਰਭ ਮੇਰੇ ਮਨਿ ਭਾਣੇ ਰਾਮ ॥ ਸੇ ਹਰਿ ਦਰਗਹ ਪੈਨਾਇਆ ਮੇਰੀ ਜਿੰਦੁੜੀਏ ਅਹਿਨਿਸਿ ਸਾਚਿ ਸਮਾਣੇ ਰਾਮ ॥ ਤਿਨ ਕੈ ਸੰਗਿ ਮਲੁ ਉਤਰੈ ਮੇਰੀ ਜਿੰਦੁੜੀਏ ਰੰਗਿ ਰਾਤੇ ਨਦਰਿ ਨੀਸਾਣੇ ਰਾਮ ॥ ਨਾਨਕ ਕੀ ਪ੍ਰਭ ਬੇਨਤੀ ਮੇਰੀ ਜਿੰਦੁੜੀਏ ਮਿਲਿ ਸਾਧੂ ਸੰਗਿ ਅਘਾਣੇ ਰਾਮ ॥੨॥ {ਪੰਨਾ 541}

ਪਦਅਰਥ:- ਸੇ—{ਬਹੁ-ਵਚਨ} ਉਹ । ਮਨਿ—ਮਨ ਵਿਚ । ਭਾਣੈ—ਪਸੰਦ ਆ ਗਏ । ਪੈਨ੍ਹਾਇਆ—ਸਿਰੋਪਾ ਦਿੱਤਾ ਜਾਂਦਾ ਹੈ, ਸਤਕਾਰੇ ਜਾਂਦੇ ਹਨ । ਅਹਿ—ਦਿਨ । ਨਿਸਿ—ਰਾਤ । ਸਾਚਿ—ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਵਿਚ । ਰੰਗਿ—ਪ੍ਰੇਮ-ਰੰਗ ਵਿਚ । ਰਾਤੇ—ਰੰਗੇ ਜਾਂਦੇ ਹਨ । ਨੀਸਾਣੇ—(ਮੱਥੇ ਉਤੇ) ਨਿਸ਼ਾਨ । ਮਿਲਿ ਸਾਧੂ—ਗੁਰੂ ਨੂੰ ਮਿਲ ਕੇ । ਅਘਾਣੇ—ਤ੍ਰਿਸਨਾ ਵਲੋਂ ਰੱਜੇ ਰਹੀਦਾ ਹੈ ।੨।

ਅਰਥ:- ਹੇ ਮੇਰੀ ਸੋਹਣੀ ਜਿੰਦੇ! ਉਹ ਮਨੁੱਖ (ਅਸਲ) ਭਗਤ ਹਨ (ਅਸਲ) ਸੇਵਕ ਹਨ ਜੋ ਪਿਆਰੇ ਪਰਮਾਤਮਾ ਦੇ ਮਨ ਵਿਚ ਚੰਗੇ ਲੱਗਦੇ ਹਨ । ਹੇ ਮੇਰੀ ਸੋਹਣੀ ਜਿੰਦੇ! ਉਹ ਮਨੁੱਖ ਪਰਮਾਤਮਾ ਦੀ ਹਜ਼ੂਰੀ ਵਿਚ ਸਤਕਾਰੇ ਜਾਂਦੇ ਹਨ, ਉਹ ਦਿਨ ਰਾਤ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਲੀਨ ਰਹਿੰਦੇ ਹਨ । ਹੇ ਮੇਰੀ ਸੋਹਣੀ ਜਿੰਦੇ! ਉਹਨਾਂ ਦੀ ਸੰਗਤਿ ਵਿਚ ਰਿਹਾਂ (ਮਨ ਤੋਂ ਵਿਕਾਰਾਂ ਦੀ) ਮੈਲ ਲਹਿ ਜਾਂਦੀ ਹੈ ਉਹ ਸਦਾ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੇ ਰਹਿੰਦੇ ਹਨ । ਉਹਨਾਂ ਦੇ ਮੱਥੇ ਉੱਤੇ ਪ੍ਰਭੂ ਦੀ ਮੇਹਰ ਦੀ ਨਿਗਾਹ ਦਾ ਨਿਸ਼ਾਨ ਹੁੰਦਾ ਹੈ । ਹੇ ਮੇਰੀ ਸੋਹਣੀ ਜਿੰਦੇ! (ਆਖ—) ਹੇ ਪ੍ਰਭੂ! ਨਾਨਕ ਦੀ ਇਹ ਅਰਜ਼ੋਈ ਹੈ (ਕਿ ਨਾਨਕ ਗੁਰੂ ਦੀ ਸੰਗਤਿ ਵਿਚ ਟਿਕਿਆ ਰਹੇ) ਗੁਰੂ ਦੀ ਸੰਗਤਿ ਵਿਚ ਰਿਹਾਂ (ਮਾਇਆ ਦੀ ਤ੍ਰਿਸਨਾ ਵਲੋਂ) ਰੱਜੇ ਰਹੀਦਾ ਹੈ ।੨।

ਹੇ ਰਸਨਾ ਜਪਿ ਗੋਬਿੰਦੋ ਮੇਰੀ ਜਿੰਦੁੜੀਏ ਜਪਿ ਹਰਿ ਹਰਿ ਤ੍ਰਿਸਨਾ ਜਾਏ ਰਾਮ ॥ ਜਿਸੁ ਦਇਆ ਕਰੇ ਮੇਰਾ ਪਾਰਬ੍ਰਹਮੁ ਮੇਰੀ ਜਿੰਦੁੜੀਏ ਤਿਸੁ ਮਨਿ ਨਾਮੁ ਵਸਾਏ ਰਾਮ ॥ ਜਿਸੁ ਭੇਟੇ ਪੂਰਾ ਸਤਿਗੁਰੂ ਮੇਰੀ ਜਿੰਦੁੜੀਏ ਸੋ ਹਰਿ ਧਨੁ ਨਿਧਿ ਪਾਏ ਰਾਮ ॥ ਵਡਭਾਗੀ ਸੰਗਤਿ ਮਿਲੈ ਮੇਰੀ ਜਿੰਦੁੜੀਏ ਨਾਨਕ ਹਰਿ ਗੁਣ ਗਾਏ ਰਾਮ ॥੩॥ {ਪੰਨਾ 541}

ਪਦਅਰਥ:- ਰਸਨਾ—ਜੀਭ । ਗੋਬਿੰਦੋ—ਗੋਬਿੰਦੁ । ਤ੍ਰਿਸਨਾ—ਮਾਇਆ ਦੀ ਤ੍ਰੇਹ । ਮਨਿ—ਮਨ ਵਿਚ । ਭੇਟੇ—ਮਿਲਦਾ ਹੈ । ਨਿਧਿ—ਖ਼ਜ਼ਾਨਾ । ਪਏ—ਲੱਭ ਲੈਂਦਾ ਹੈ ।੩।

ਅਰਥ:- ਹੇ ਮੇਰੀ ਸੋਹਣੀ ਜਿੰਦੇ! (ਆਖ—) ਹੇ ਮੇਰੀ ਜੀਭ! ਪਰਮਾਤਮਾ ਦਾ ਨਾਮ ਜਪਿਆ ਕਰ, ਹਰਿ-ਨਾਮ ਜਪ ਜਪ ਕੇ ਮਾਇਆ ਦਾ ਲਾਲਚ ਦੂਰ ਹੋ ਜਾਂਦਾ ਹੈ । ਹੇ ਮੇਰੀ ਸੋਹਣੀ ਜਿੰਦੇ! ਜਿਸ ਮਨੁੱਖ ਉਤੇ ਪਰਮਾਤਮਾ ਕਿਰਪਾ ਕਰਦਾ ਹੈ, ਉਸ ਦੇ ਮਨ ਵਿਚ ਆਪਣਾ ਨਾਮ ਵਸਾ ਦੇਂਦਾ ਹੈ, ਜਿਸ ਮਨੁੱਖ ਨੂੰ ਪੂਰਾ ਗੁਰੂ ਮਿਲ ਪੈਂਦਾ ਹੈ, ਉਹ ਪ੍ਰਭੂ ਦਾ ਨਾਮ-ਧਨ ਨਾਮ-ਖ਼ਜ਼ਾਨਾ ਲੱਭ ਲੈਂਦਾ ਹੈ । ਹੇ ਨਾਨਕ! (ਆਖ—) ਹੇ ਮੇਰੀ ਸੋਹਣੀ ਜਿੰਦੇ! ਜਿਸ ਮਨੁੱਖ ਨੂੰ ਵੱਡੇ ਭਾਗਾਂ ਨਾਲ ਗੁਰੂ ਦੀ ਸੰਗਤਿ ਪ੍ਰਾਪਤ ਹੁੰਦੀ ਹੈ ਉਹ (ਸਦਾ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦਾ ਰਹਿੰਦਾ ਹੈ ।੩।

ਥਾਨ ਥਨੰਤਰਿ ਰਵਿ ਰਹਿਆ ਮੇਰੀ ਜਿੰਦੁੜੀਏ ਪਾਰਬ੍ਰਹਮੁ ਪ੍ਰਭੁ ਦਾਤਾ ਰਾਮ ॥ ਤਾ ਕਾ ਅੰਤੁ ਨ ਪਾਈਐ ਮੇਰੀ ਜਿੰਦੁੜੀਏ ਪੂਰਨ ਪੁਰਖੁ ਬਿਧਾਤਾ ਰਾਮ ॥ ਸਰਬ ਜੀਆ ਪ੍ਰਤਿਪਾਲਦਾ ਮੇਰੀ ਜਿੰਦੁੜੀਏ ਜਿਉ ਬਾਲਕ ਪਿਤ ਮਾਤਾ ਰਾਮ ॥ ਸਹਸ ਸਿਆਣਪ ਨਹ ਮਿਲੈ ਮੇਰੀ ਜਿੰਦੁੜੀਏ ਜਨ ਨਾਨਕ ਗੁਰਮੁਖਿ ਜਾਤਾ ਰਾਮ ॥੪॥੬॥ ਛਕਾ ੧ ॥ {ਪੰਨਾ 541}

ਪਦਅਰਥ:- ਥਾਨ ਥਨੰਤਰਿ—ਥਾਨ ਥਾਨ ਅੰਤਰਿ, ਹਰੇਕ ਥਾਂ ਵਿਚ । ਬਿਧਾਤਾ—ਸਿਰਜਣਹਾਰ, ਪੈਦਾ ਕਰਨ ਵਾਲਾ । ਸਹਸ—ਹਜ਼ਾਰਾਂ । ਗੁਰਮੁਖਿ—ਗੁਰੂ ਦੀ ਸਰਨ ਪਿਆਂ । ਜਾਤਾ—ਸਾਂਝ ਪੈਂਦੀ ਹੈ ।੪।

ਅਰਥ:- ਹੇ ਮੇਰੀ ਸੋਹਣੀ ਜਿੰਦੇ! ਸਭ ਜੀਵਾਂ ਨੂੰ ਦਾਤਾਂ ਦੇਣ ਵਾਲਾ ਪ੍ਰਭੂ ਪਰਮਾਤਮਾ ਹਰੇਕ ਥਾਂ ਵਿਚ ਵੱਸ ਰਿਹਾ ਹੈ, ਉਸ ਦੇ ਗੁਣਾਂ ਦਾ ਅੰਤ ਨਹੀਂ ਪਾਇਆ ਜਾ ਸਕਦਾ, ਉਹ ਸਿਰਜਣਹਾਰ ਕਰਤਾਰ ਸਭ ਘਟਾਂ ਵਿਚ ਵਿਆਪਕ ਹੈ । ਜਿਵੇਂ ਮਾਪੇ ਆਪਣੇ ਬੱਚਿਆਂ ਨੂੰ ਪਾਲਦੇ ਹਨ, ਤਿਵੇਂ ਪਰਮਾਤਮਾ ਸਾਰੇ ਜੀਵਾਂ ਨੂੰ ਪਾਲਦਾ ਹੈ । ਹੇ ਦਾਸ ਨਾਨਕ! (ਆਖ—) ਹੇ ਮੇਰੀ ਸੋਹਣੀ ਜਿੰਦੇ! ਹਜ਼ਾਰਾਂ ਚਤੁਰਾਈਆਂ ਨਾਲ ਉਹ ਪਰਮਾਤਮਾ ਨਹੀਂ ਮਿਲ ਸਕਦਾ, ਗੁਰੂ ਦੀ ਸਰਨ ਪਿਆਂ ਉਸ ਨਾਲ ਡੂੰਘੀ ਸਾਂਝ ਪੈ ਜਾਂਦੀ ਹੈ ।੪।੬। ਛਕਾ ੧ ।

ਬਿਹਾਗੜਾ ਮਹਲਾ ੫ ਛੰਤ ਘਰੁ ੧ ੧ੴ ਸਤਿਗੁਰ ਪ੍ਰਸਾਦਿ ॥ ਹਰਿ ਕਾ ਏਕੁ ਅਚੰਭਉ ਦੇਖਿਆ ਮੇਰੇ ਲਾਲ ਜੀਉ ਜੋ ਕਰੇ ਸੁ ਧਰਮ ਨਿਆਏ ਰਾਮ ॥ ਹਰਿ ਰੰਗੁ ਅਖਾੜਾ ਪਾਇਓਨੁ ਮੇਰੇ ਲਾਲ ਜੀਉ ਆਵਣੁ ਜਾਣੁ ਸਬਾਏ ਰਾਮ ॥ ਆਵਣੁ ਤ ਜਾਣਾ ਤਿਨਹਿ ਕੀਆ ਜਿਨਿ ਮੇਦਨਿ ਸਿਰਜੀਆ ॥ ਇਕਨਾ ਮੇਲਿ ਸਤਿਗੁਰੁ ਮਹਲਿ ਬੁਲਾਏ ਇਕਿ ਭਰਮਿ

ਭੂਲੇ ਫਿਰਦਿਆ ॥ ਅੰਤੁ ਤੇਰਾ ਤੂੰਹੈ ਜਾਣਹਿ ਤੂੰ ਸਭ ਮਹਿ ਰਹਿਆ ਸਮਾਏ ॥ ਸਚੁ ਕਹੈ ਨਾਨਕੁ ਸੁਣਹੁ ਸੰਤਹੁ ਹਰਿ ਵਰਤੈ ਧਰਮ ਨਿਆਏ ॥੧॥ {ਪੰਨਾ 541-542}

ਪਦਅਰਥ:- ਅਚੰਭਉ—ਅਚਰਜ ਤਮਾਸ਼ਾ । ਲਾਲ—ਹੇ ਪਿਆਰੇ! ਧਰਮ ਨਿਆਏ—ਧਰਮ ਨਿਆਇ, ਧਰਮ ਅਤੇ ਨਿਆਉ ਅਨੁਸਾਰ । ਰੰਗੁ—ਰੰਗ-ਭੂਮੀ ਜਿਥੇ ਨਟ ਆ ਕੇ ਆਪਣਾ ਖੇਲ ਵਿਖਾਂਦੇ ਹਨ । ਅਖਾੜਾ—ਪਿੜ । ਪਾਇਓਨੁ—ਉਸ ਨੇ ਬਣਾ ਦਿੱਤਾ ਹੈ । ਆਵਣੁ ਜਾਣੁ—ਜੰਮਣਾ ਤੇ ਮਰਨਾ । ਸਬਾਏ—ਸਾਰੇ ਜੀਵਾਂ ਨੂੰ । ਤਿਨਹਿ—ਉਸ (ਪਰਮਾਤਮਾ) ਨੇ ਹੀ । ਜਿਨਿ—ਜਿਸ ਨੇ । ਮੇਦਨਿ—ਧਰਤੀ, ਸ੍ਰਿਸ਼ਟੀ । ਸਿਰਜੀਆ—ਪੈਦਾ ਕੀਤੀ ਹੈ । ਮੇਲਿ—ਮਿਲਾ ਕੇ । ਮਹਲਿ—ਮਹਲ ਵਿਚ, ਹਜ਼ੂਰੀ ਵਿਚ । ਇਕਿ—{ਲਫ਼ਜ਼ 'ਇਕ' ਤੋਂ ਬਹੁ-ਵਚਨ} । ਭਰਮਿ—ਭਟਕਣਾ ਵਿਚ ਪੈ ਕੇ । ਤੂੰ ਹੈ—ਤੂੰ ਹੀ । ਸਚੁ—ਅਟੱਲ ਨਿਯਮ । ਵਰਤੈ—ਕਾਰ-ਵਿਹਾਰ ਚਲਾਂਦਾ ਹੈ ।੧।

ਅਰਥ:- ਹੇ ਮੇਰੇ ਪਿਆਰੇ! ਮੈਂ ਪਰਮਾਤਮਾ ਦਾ ਇਕ ਅਚਰਜ ਤਮਾਸ਼ਾ ਵੇਖਿਆ ਹੈ ਕਿ ਉਹ ਜੋ ਕੁਝ ਕਰਦਾ ਹੈ ਧਰਮ ਅਨੁਸਾਰ ਕਰਦਾ ਹੈ, ਨਿਆਂ ਅਨੁਸਾਰ ਕਰਦਾ ਹੈ । ਹੇ ਮੇਰੇ ਪਿਆਰੇ! (ਇਹ ਜਗਤ) ਉਸ ਪਰਮਾਤਮਾ ਨੇ ਇਕ ਪਿੜ ਬਣਾ ਦਿੱਤਾ ਹੈ ਇਕ ਰੰਗ-ਭੂਮੀ ਰਚ ਦਿੱਤੀ ਹੈ ਜਿਸ ਵਿਚ ਸਾਰੇ (ਨਟਾਂ ਲਈ, ਪਹਿਲਵਾਨਾਂ ਲਈ) ਜੰਮਣਾ ਮਰਨਾ (ਭੀ ਨਿਯਤ ਕਰ ਦਿੱਤਾ ਹੈ) । (ਜਗਤ ਵਿਚ ਜੀਵਾਂ ਦਾ) ਜੰਮਣਾ ਮਰਨਾ ਉਸੇ ਪਰਮਾਤਮਾ ਨੇ ਬਣਾਇਆ ਹੈ ਜਿਸ ਨੇ ਇਹ ਜਗਤ ਪੈਦਾ ਕੀਤਾ ਹੈ । ਕਈ ਜੀਵਾਂ ਨੂੰ ਗੁਰੂ ਮਿਲਾ ਕੇ ਪ੍ਰਭੂ ਆਪਣੀ ਹਜ਼ੂਰੀ ਵਿਚ ਟਿਕਾ ਲੈਂਦਾ ਹੈ, ਤੇ, ਕਈ ਜੀਵ ਭਟਕਣਾ ਵਿਚ ਪੈ ਕੇ ਕੁਰਾਹੇ ਪਏ ਫਿਰਦੇ ਹਨ ।

ਹੇ ਪ੍ਰਭੂ! ਆਪਣੇ (ਗੁਣਾਂ ਦਾ) ਅੰਤ ਤੂੰ ਆਪ ਹੀ ਜਾਣਦਾ ਹੈਂ, ਤੂੰ ਸਾਰੀ ਸ੍ਰਿਸ਼ਟੀ ਵਿਚ ਵਿਆਪਕ ਹੈਂ । ਹੇ ਸੰਤ ਜਨੋ! ਸੁਣੋ, ਨਾਨਕ ਇਕ ਅਟੱਲ ਨਿਯਮ ਦੱਸਦਾ ਹੈ (ਕਿ) ਪਰਮਾਤਮਾ ਧਰਮ ਅਨੁਸਾਰ ਨਿਆਂ ਅਨੁਸਾਰ ਦੁਨੀਆ ਦੀ ਕਾਰ ਚਲਾ ਰਿਹਾ ਹੈ ।੧।

ਆਵਹੁ ਮਿਲਹੁ ਸਹੇਲੀਹੋ ਮੇਰੇ ਲਾਲ ਜੀਉ ਹਰਿ ਹਰਿ ਨਾਮੁ ਅਰਾਧੇ ਰਾਮ ॥ ਕਰਿ ਸੇਵਹੁ ਪੂਰਾ ਸਤਿਗੁਰੂ ਮੇਰੇ ਲਾਲ ਜੀਉ ਜਮ ਕਾ ਮਾਰਗੁ ਸਾਧੇ ਰਾਮ ॥ ਮਾਰਗੁ ਬਿਖੜਾ ਸਾਧਿ ਗੁਰਮੁਖਿ ਹਰਿ ਦਰਗਹ ਸੋਭਾ ਪਾਈਐ ॥ ਜਿਨ ਕਉ ਬਿਧਾਤੈ ਧੁਰਹੁ ਲਿਖਿਆ ਤਿਨ੍ਹਾ ਰੈਣਿ ਦਿਨੁ ਲਿਵ ਲਾਈਐ ॥ ਹਉਮੈ ਮਮਤਾ ਮੋਹੁ ਛੁਟਾ ਜਾ ਸੰਗਿ ਮਿਲਿਆ ਸਾਧੇ ॥ ਜਨੁ ਕਹੈ ਨਾਨਕੁ ਮੁਕਤੁ ਹੋਆ ਹਰਿ ਹਰਿ ਨਾਮੁ ਅਰਾਧੇ ॥੨॥ {ਪੰਨਾ 542}

ਪਦਅਰਥ:- ਅਰਾਧੇ—ਆਰਾਧਦਾ ਹੈ । ਕਰਿ ਪੂਰਾ—ਅਭੁੱਲ ਮੰਨ ਕੇ । ਮਾਰਗੁ—ਰਸਤਾ । ਸਾਧੇ—ਸਾਧਦਾ ਹੈ, ਚੰਗਾ ਬਣਾ ਲੈਂਦਾ ਹੈ । ਬਿਖੜਾ—ਔਖਾ । ਸਾਧਿ—ਸਾਧ ਕੇ । ਗੁਰਮੁਖਿ—ਗੁਰੂ ਦੀ ਰਾਹੀਂ । ਪਾਈਐ—ਪ੍ਰਾਪਤ ਕਰ ਲਈਦੀ ਹੈ । ਬਿਧਾਤੈ—ਕਰਤਾਰ ਨੇ । ਧੁਰਹੁ—ਆਪਣੀ ਹਜ਼ੂਰੀ ਤੋਂ । ਰੈਣਿ—ਰਾਤ । ਲਿਵ—ਲਗਨ । ਸੰਗਿ ਸਾਧੇ—ਸਾਧੂ-ਗੁਰੂ ਦੀ ਸੰਗਤਿ ਵਿਚ । ਮੁਕਤੁ—ਵਿਕਾਰਾਂ ਤੋਂ ਆਜ਼ਾਦ । ਅਰਾਧੇ—ਅਰਾਧਿ, ਆਰਾਧ ਕੇ ।੨।

ਅਰਥ:- ਹੇ ਮੇਰੇ ਪਿਆਰੇ! (ਆਖ—) ਹੇ ਸੰਤ-ਜਨ ਸਹੇਲੀਹੋ! ਆਓ, ਰਲ ਕੇ ਸੰਤ-ਸੰਗ ਵਿਚ ਬੈਠੋ, (ਜੇਹੜਾ ਮਨੁੱਖ ਸਤਸੰਗੀਆਂ ਵਿਚ ਮਿਲ ਕੇ ਬੈਠਦਾ ਹੈ ਉਹ) ਪਰਮਾਤਮਾ ਦਾ ਨਾਮ ਸਦਾ

ਸਿਮਰਦਾ ਹੈ । ਹੇ ਮੇਰੇ ਪਿਆਰੇ! ਗੁਰੂ ਨੂੰ ਅਭੁੱਲ ਮੰਨ ਕੇ ਗੁਰੂ ਦੀ ਸਰਨ ਪਵੋ (ਜੇਹੜਾ ਇਸ ਤਰ੍ਹਾਂ ਗੁਰੂ ਦੀ ਸਰਨ ਪੈਂਦਾ ਹੈ ਉਹ) ਜਮ ਦੇ ਰਸਤੇ ਨੂੰ (ਆਤਮਕ ਮੌਤ ਲਿਆਉਣ ਵਾਲੇ ਜੀਵਨ-ਰਾਹ ਨੂੰ) ਚੰਗਾ ਬਣਾ ਲੈਂਦਾ ਹੈ । ਗੁਰੂ ਦੀ ਸਰਨ ਪੈ ਕੇ ਔਖੇ ਜੀਵਨ-ਰਾਹ ਨੂੰ ਸੋਹਣਾ ਬਣਾ ਕੇ ਪਰਮਾਤਮਾ ਦੀ ਹਜ਼ੂਰੀ ਵਿਚ ਸੋਭਾ ਖੱਟ ਸਕੀਦੀ ਹੈ । (ਪਰ) ਜਿਨ੍ਹਾਂ ਮਨੁੱਖਾਂ ਦੇ ਮੱਥੇ ਤੇ ਆਪਣੀ ਹਜ਼ੂਰੀ ਤੋਂ ਕਰਤਾਰ ਨੇ (ਭਗਤੀ ਦਾ ਲੇਖ) ਲਿਖ ਦਿੱਤਾ ਹੈ, ਉਹਨਾਂ ਮਨੁੱਖਾਂ ਦੀ ਸੁਰਤਿ ਦਿਨ ਰਾਤ (ਪ੍ਰਭੂ-ਚਰਨਾਂ ਵਿਚ) ਲਗੀ ਰਹਿੰਦੀ ਹੈ । ਜਦੋਂ ਮਨੁੱਖ ਗੁਰੂ ਦੀ ਸੰਗਤਿ ਵਿਚ ਮਿਲਦਾ ਹੈ ਤਦੋਂ ਉਸ ਦੇ ਅੰਦਰੋਂ ਹਉਮੈ ਮਮਤਾ (ਅਪਣੱਤ) ਦੂਰ ਹੋ ਜਾਂਦੀ ਹੈ, ਮੋਹ ਮੁੱਕ ਜਾਂਦਾ ਹੈ । ਦਾਸ ਨਾਨਕ ਆਖਦਾ ਹੈ ਕਿ ਸਦਾ ਪਰਮਾਤਮਾ ਦਾ ਨਾਮ ਸਿਮਰ ਕੇ ਮਨੁੱਖ (ਹਉਮੈ ਮਮਤਾ ਮੋਹ ਆਦਿਕ ਦੇ ਪ੍ਰਭਾਵ ਤੋਂ) ਸੁਤੰਤਰ ਹੋ ਜਾਂਦਾ ਹੈ ।੨।

ਕਰ ਜੋੜਿਹੁ ਸੰਤ ਇਕਤ੍ਰ ਹੋਇ ਮੇਰੇ ਲਾਲ ਜੀਉ ਅਬਿਨਾਸੀ ਪੁਰਖੁ ਪੂਜੇਹਾ ਰਾਮ ॥ ਬਹੁ ਬਿਧਿ ਪੂਜਾ ਖੋਜੀਆ ਮੇਰੇ ਲਾਲ ਜੀਉ ਇਹੁ ਮਨੁ ਤਨੁ ਸਭੁ ਅਰਪੇਹਾ ਰਾਮ ॥ ਮਨੁ ਤਨੁ ਧਨੁ ਸਭੁ ਪ੍ਰਭੂ ਕੇਰਾ ਕਿਆ ਕੋ ਪੂਜ ਚੜਾਵਏ ॥ ਜਿਸੁ ਹੋਇ ਕ੍ਰਿਪਾਲੁ ਦਇਆਲੁ ਸੁਆਮੀ ਸੋ ਪ੍ਰਭ ਅੰਕਿ ਸਮਾਵਏ ॥ ਭਾਗੁ ਮਸਤਕਿ ਹੋਇ ਜਿਸ ਕੈ ਤਿਸੁ ਗੁਰ ਨਾਲਿ ਸਨੇਹਾ ॥ ਜਨੁ ਕਹੈ ਨਾਨਕੁ ਮਿਲਿ ਸਾਧਸੰਗਤਿ ਹਰਿ ਹਰਿ ਨਾਮੁ ਪੂਜੇਹਾ ॥੩॥ {ਪੰਨਾ 542}

ਪਦਅਰਥ:- ਕਰ—ਹੱਥ {ਬਹੁ-ਵਚਨ} । ਹੋਇ—ਹੋ ਕੇ । ਪੁਰਖੁ—ਸਰਬ-ਵਿਆਪਕ । ਬਹੁ ਬਿਧਿ—ਕਈ ਕਿਸਮਾਂ ਦੀਆਂ । ਖੋਜੀਆ—ਖੋਜੀਆਂ, ਮੈਂ ਭਾਲ ਵੇਖੀਆਂ ਹਨ । ਅਰਪੇਹਾ—ਭੇਟਾ ਕਰੀਏ । ਕੇਰਾ—ਦਾ । ਕੋ—ਕੋਈ ਮਨੁੱਖ । ਕਿਆ ਪੂਜ—ਕੇਹੜੀ ਸ਼ੈ ਭੇਟਾ ਵਜੋਂ । ਅੰਕਿ—ਅੰਕ ਵਿਚ, ਗੋਦ ਵਿਚ । ਸਮਾਏ—ਲੀਨ ਹੋ ਜਾਂਦਾ ਹੈ । ਮਸਤਕਿ—ਮੱਥੇ ਉੱਤੇ । ਸਨੇਹਾ—ਪਿਆਰ । ਮਿਲਿ—ਮਿਲ ਕੇ । ਪੂਜੇਹਾ—ਪੂਜੀਏ ।੩।

ਅਰਥ:- ਹੇ ਮੇਰੇ ਪਿਆਰੇ! (ਆਖ—) ਹੇ ਸੰਤ ਜਨੋ! (ਸਾਧ ਸੰਗਤਿ ਵਿਚ) ਇਕੱਠੇ ਹੋ ਕੇ ਪਰਮਾਤਮਾ ਅੱਗੇ ਦੋਵੇਂ ਹੱਥ ਜੋੜਿਆ ਕਰੋ, ਤੇ, ਉਸ ਨਾਸ-ਰਹਿਤ ਸਰਬ-ਵਿਆਪਕ ਪਰਮਾਤਮਾ ਦੀ ਭਗਤੀ ਕਰਿਆ ਕਰੋ । ਹੇ ਮੇਰੇ ਪਿਆਰੇ! ਮੈਂ ਹੋਰ ਕਈ ਕਿਸਮਾਂ ਦੀ ਪੂਜਾ-ਭੇਟਾ ਭਾਲ ਵੇਖੀ ਹੈ (ਪਰ ਸਭ ਤੋਂ ਸ੍ਰੇਸ਼ਟ ਪੂਜਾ ਇਹ ਹੈ ਕਿ) ਆਪਣਾ ਇਹ ਮਨ ਇਹ ਸਰੀਰ ਸਭ ਭੇਟਾ ਕਰ ਦੇਣਾ ਚਾਹੀਦਾ ਹੈ । (ਫਿਰ ਭੀ, ਮਾਣ ਕਾਹਦਾ?) ਇਹ ਮਨ, ਇਹ ਸਰੀਰ, ਇਹ ਧਨ ਸਭ ਪਰਮਾਤਮਾ ਦਾ ਦਿੱਤਾ ਹੋਇਆ ਹੈ, (ਸੋ,) ਕੋਈ ਮਨੁੱਖ (ਆਪਣੀ ਮਲਕੀਅਤ ਦੀ) ਕੇਹੜੀ ਚੀਜ਼ ਭੇਟਾ ਕਰ ਸਕਦਾ ਹੈ? ਜਿਸ ਮਨੁੱਖ ਉੱਤੇ ਪ੍ਰਭੂ-ਮਾਲਕ ਕਿਰਪਾਲ ਹੁੰਦਾ ਹੈ ਦਇਆਵਾਨ ਹੁੰਦਾ ਹੈ ਉਹ ਉਸ ਪਰਮਾਤਮਾ ਦੇ ਚਰਨਾਂ ਵਿਚ ਲੀਨ ਹੋ ਜਾਂਦਾ ਹੈ (ਬੱਸ! ਇਹੀ ਹੈ ਭੇਟਾ ਤੇ ਪੂਜਾ) । ਜਿਸ ਮਨੁੱਖ ਦੇ ਮੱਥੇ ਉੱਤੇ ਭਾਗ ਜਾਗ ਪੈਂਦਾ ਹੈ, ਉਸ ਦਾ ਆਪਣੇ ਗੁਰੂ ਨਾਲ ਪਿਆਰ ਬਣ ਜਾਂਦਾ ਹੈ । ਦਾਸ ਨਾਨਕ ਆਖਦਾ ਹੈ—(ਹੇ ਸੰਤ ਜਨੋ!) ਸਾਧ ਸੰਗਤਿ ਵਿਚ ਮਿਲ ਕੇ ਪਰਮਾਤਮਾ ਦਾ ਨਾਮ ਸਿਮਰਨਾ ਚਾਹੀਦਾ ਹੈ ।੩।

ਦਹ ਦਿਸ ਖੋਜਤ ਹਮ ਫਿਰੇ ਮੇਰੇ ਲਾਲ ਜੀਉ ਹਰਿ ਪਾਇਅੜਾ ਘਰਿ ਆਏ ਰਾਮ ॥ ਹਰਿ ਮੰਦਰੁ ਹਰਿ ਜੀਉ ਸਾਜਿਆ ਮੇਰੇ ਲਾਲ ਜੀਉ ਹਰਿ ਤਿਸੁ ਮਹਿ ਰਹਿਆ ਸਮਾਏ ਰਾਮ ॥ ਸਰਬੇ ਸਮਾਣਾ ਆਪਿ ਸੁਆਮੀ ਗੁਰਮੁਖਿ ਪਰਗਟੁ ਹੋਇਆ ॥ ਮਿਟਿਆ ਅਧੇਰਾ ਦੂਖੁ

ਨਾਠਾ ਅਮਿਉ ਹਰਿ ਰਸੁ ਚੋਇਆ ॥ ਜਹਾ ਦੇਖਾ ਤਹਾ ਸੁਆਮੀ ਪਾਰਬ੍ਰਹਮੁ ਸਭ ਠਾਏ ॥ ਜਨੁ ਕਹੈ ਨਾਨਕੁ ਸਤਿਗੁਰਿ ਮਿਲਾਇਆ ਹਰਿ ਪਾਇਅੜਾ ਘਰਿ ਆਏ ॥੪॥੧॥ {ਪੰਨਾ 542}

ਪਦਅਰਥ:- ਦਹਦਿਸ—ਦਸੀਂ ਪਾਸੀਂ । ਪਾਇਅੜਾ—ਲੱਭ ਲਿਆ । ਘਰਿ—ਹਿਰਦੇ-ਘਰ ਵਿਚ । ਆਏ—ਆਇ, ਆ ਕੇ । ਹਰਿ ਮੰਦਰੁ—ਹਰੀ ਨੇ ਆਪਣੇ ਰਹਿਣ ਲਈ ਘਰ । ਸਰਬੇ—ਸਭ ਜੀਵਾਂ ਵਿਚ । ਗੁਰਮੁਖਿ—ਗੁਰੂ ਦੀ ਰਾਹੀਂ । ਅਧੇਰਾ—ਹਨੇਰਾ । ਨਾਠਾ—ਨੱਠ ਗਿਆ । ਅਮਿਉ—ਅੰਮ੍ਰਿਤੁ, ਆਤਮਕ ਜੀਵਨ ਦੇਣ ਵਾਲਾ ਨਾਮ-ਜਲ । ਠਾਏ—ਠਾਈਂ, ਥਾਈਂ । ਸਤਿਗੁਰਿ—ਗੁਰੂ ਨੇ ।੪।

ਅਰਥ:- ਹੇ ਮੇਰੇ ਪਿਆਰੇ! (ਪਰਮਾਤਮਾ ਨੂੰ ਲੱਭਣ ਵਾਸਤੇ) ਅਸੀ ਦਸੀਂ ਪਾਸੀਂ ਭਾਲ ਕਰਦੇ ਫਿਰੇ, ਪਰ ਉਸ ਪਰਮਾਤਮਾ ਨੂੰ ਹੁਣ ਹਿਰਦੇ-ਘਰ ਵਿਚ ਹੀ ਆ ਕੇ ਲੱਭ ਲਿਆ ਹੈ । ਹੇ ਮੇਰੇ ਪਿਆਰੇ! (ਇਸ ਮਨੁੱਖਾ ਸਰੀਰ ਨੂੰ) ਪਰਮਾਤਮਾ ਨੇ ਆਪਣੇ ਰਹਿਣ ਲਈ ਘਰ ਬਣਾਇਆ ਹੋਇਆ ਹੈ, ਪਰਮਾਤਮਾ ਇਸ (ਸਰੀਰ-ਘਰ) ਵਿਚ ਟਿਕਿਆ ਰਹਿੰਦਾ ਹੈ । ਮਾਲਕ-ਪ੍ਰਭੂ ਆਪ ਹੀ ਸਾਰੇ ਜੀਵਾਂ ਵਿਚ ਵਿਆਪਕ ਹੋ ਰਿਹਾ ਹੈ, ਪਰ ਉਸ ਦੀ ਇਸ ਹੋਂਦ ਦਾ ਪਰਕਾਸ਼ ਗੁਰੂ ਦੀ ਸਰਨ ਪਿਆਂ ਹੀ ਹੁੰਦਾ ਹੈ । (ਗੁਰੂ ਜਿਸ ਮਨੁੱਖ ਦੇ ਮੂੰਹ ਵਿਚ) ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਨਾਮ-ਰਸ ਚੋ ਦੇਂਦਾ ਹੈ, (ਉਸ ਦੇ ਅੰਦਰੋਂ ਮਾਇਆ ਦੇ ਮੋਹ ਦਾ) ਹਨੇਰਾ ਮਿਟ ਜਾਂਦਾ ਹੈ, ਉਸ ਦਾ ਸਾਰਾ ਦੁੱਖ ਦੂਰ ਹੋ ਜਾਂਦਾ ਹੈ । (ਗੁਰੂ ਦੀ ਕਿਰਪਾ ਨਾਲ ਹੁਣ) ਮੈਂ ਜਿੱਧਰ ਵੇਖਦਾ ਹਾਂ ਉਧਰ ਹੀ ਮੈਨੂੰ ਮਾਲਕ ਪਰਮਾਤਮਾ ਸਭ ਥਾਈਂ ਵੱਸਦਾ ਦਿੱਸਦਾ ਹੈ । ਦਾਸ ਨਾਨਕ ਆਖਦਾ ਹੈ—ਗੁਰੂ ਨੇ ਮੈਨੂੰ ਪਰਮਾਤਮਾ ਮਿਲਾ ਦਿੱਤਾ ਹੈ, ਮੈਂ ਪਰਮਾਤਮਾ ਨੂੰ ਆਪਣੇ ਹਿਰਦੇ-ਘਰ ਵਿਚ ਆ ਕੇ ਲੱਭ ਲਿਆ ਹੈ ।੪।੧।

ਰਾਗੁ ਬਿਹਾਗੜਾ ਮਹਲਾ ੫ ॥ ਅਤਿ ਪ੍ਰੀਤਮ ਮਨ ਮੋਹਨਾ ਘਟ ਸੋਹਨਾ ਪ੍ਰਾਨ ਅਧਾਰਾ ਰਾਮ ॥ ਸੁੰਦਰ ਸੋਭਾ ਲਾਲ ਗੋਪਾਲ ਦਇਆਲ ਕੀ ਅਪਰ ਅਪਾਰਾ ਰਾਮ ॥ ਗੋਪਾਲ ਦਇਆਲ ਗੋਬਿੰਦ ਲਾਲਨ ਮਿਲਹੁ ਕੰਤ ਨਿਮਾਣੀਆ ॥ ਨੈਨ ਤਰਸਨ ਦਰਸ ਪਰਸਨ ਨਹ ਨੀਦ ਰੈਣਿ ਵਿਹਾਣੀਆ ॥ ਗਿਆਨ ਅੰਜਨ ਨਾਮ ਬਿੰਜਨ ਭਏ ਸਗਲ ਸੀਗਾਰਾ ॥ ਨਾਨਕੁ ਪਇਅੰਪੈ ਸੰਤ ਜੰਪੈ ਮੇਲਿ ਕੰਤੁ ਹਮਾਰਾ ॥੧॥ {ਪੰਨਾ 542}

ਪਦਅਰਥ:- ਅਤਿ ਪ੍ਰੀਤਮ—ਬਹੁਤ ਪਿਆਰਾ ਲੱਗਣ ਵਾਲਾ । ਮੋਹਨਾ—ਮੋਹ ਲੈਣ ਵਾਲਾ । ਘਟ ਸੋਹਨਾ—ਹਰੇਕ ਘਟ ਵਿਚ ਸੋਭ ਰਿਹਾ । ਪ੍ਰਾਨ ਅਧਾਰਾ—ਜਿੰਦ ਦਾ ਆਸਰਾ । ਅਪਰ ਅਪਾਰਾ—ਪਰੇ ਤੋਂ ਪਰੇ, ਬੇਅੰਤ । ਲਾਲਨ—ਹੇ ਲਾਲ! ਕੰਤ—ਹੇ ਕੰਤ! ਨੈਨ—ਅੱਖਾਂ । ਦਰਸ ਪਰਸਨ—ਦਰਸਨ ਦੀ ਛੁਹ ਪ੍ਰਾਪਤ ਕਰਨ ਲਈ । ਰੈਣਿ—ਰਾਤ । ਵਿਹਾਣੀਆ—ਗੁਜ਼ਰ ਜਾਂਦੀ ਹੈ । ਅੰਜਨ—ਸੁਰਮਾ । ਬਿੰਜਨ—ਭੋਜਨ । ਸੀਗਾਰਾ—ਸਿੰਗਾਰ । ਪਇਅੰਪੈ—ਚਰਨੀਂ ਪੈਂਦਾ ਹੈ । ਜੰਪੈ—ਬੇਨਤੀ ਕਰਦਾ ਹੈ । ਕੰਤੁ—ਖਸਮ {ਲਫ਼ਜ਼ 'ਕੰਤ' ਅਤੇ 'ਕੰਤੁ' ਵਿਚ ਫ਼ਰਕ ਵੇਖੋ} ।੧।

ਅਰਥ:- (ਹੇ ਭਾਈ!) ਪਰਮਾਤਮਾ ਬਹੁਤ ਹੀ ਪਿਆਰਾ ਲੱਗਣ ਵਾਲਾ ਹੈ, ਸਭ ਦੇ ਮਨ ਨੂੰ ਮੋਹ ਲੈਣ ਵਾਲਾ ਹੈ, ਸਭ ਸਰੀਰਾਂ ਵਿਚ ਸੋਭ ਰਿਹਾ ਹੈ, ਸਭ ਦੇ ਜੀਵਨ ਦਾ ਸਹਾਰਾ ਹੈ । ਉਸ ਦਇਆ ਦੇ ਘਰ ਗੋਪਾਲ ਪਿਆਰੇ ਦੀ ਸੋਹਣੀ ਸੋਭਾ (ਪਸਰ ਰਹੀ) ਹੈ, ਬੜੀ ਬੇਅੰਤ ਸੋਭਾ ਹੈ ।

ਹੇ ਦਿਆਲ ਗੋਬਿੰਦ! ਹੇ ਗੋਪਾਲ ਹੇ ਪਿਆਰੇ ਕੰਤ! ਮੈਨੂੰ ਨਿਮਾਣੀ ਨੂੰ ਮਿਲ । ਮੇਰੀਆਂ ਅੱਖਾਂ ਤੇਰੇ ਦਰਸਨ ਦੀ ਛੁਹ ਹਾਸਲ ਕਰਨ ਲਈ ਤਰਸਦੀਆਂ ਰਹਿੰਦੀਆਂ ਹਨ । ਮੇਰੀ ਜ਼ਿੰਦਗੀ ਦੀ ਰਾਤ ਲੰਘਦੀ ਜਾ ਰਹੀ ਹੈ, (ਪਰ ਮੈਨੂੰ ਤੇਰੇ ਮਿਲਾਪ ਤੋਂ ਪੈਦਾ ਹੋਣ ਵਾਲੀ) ਸ਼ਾਂਤੀ ਨਹੀਂ ਮਿਲ ਰਹੀ ।

ਜਿਸ ਨੂੰ ਗੁਰੂ ਦੇ ਬਖ਼ਸ਼ੇ ਗਿਆਨ ਦਾ ਸੁਰਮਾ ਮਿਲ ਗਿਆ, ਜਿਸ ਨੂੰ (ਆਤਮਕ ਜੀਵਨ ਦਾ) ਭੋਜਨ ਹਰਿ-ਨਾਮ ਮਿਲ ਗਿਆ, ਉਸ ਦੇ ਸਾਰੇ (ਆਤਮਕ) ਸਿੰਗਾਰ ਸਫਲ ਹੋ ਗਏ । ਨਾਨਕ ਸੰਤ ਜਨਾਂ ਦੀ ਚਰਨੀਂ ਪੈਂਦਾ ਹੈ, ਸੰਤਾਂ ਜਨਾਂ ਅੱਗੇ ਅਰਜ਼ੋਈ ਕਰਦਾ ਹੈ, ਕਿ ਮੈਨੂੰ ਮੇਰਾ ਪ੍ਰਭੂ-ਪਤੀ ਮਿਲਾਵੋ ।੧।

ਲਾਖ ਉਲਾਹਨੇ ਮੋਹਿ ਹਰਿ ਜਬ ਲਗੁ ਨਹ ਮਿਲੈ ਰਾਮ ॥ ਮਿਲਨ ਕਉ ਕਰਉ ਉਪਾਵ ਕਿਛੁ ਹਮਾਰਾ ਨਹ ਚਲੈ ਰਾਮ ॥ ਚਲ ਚਿਤ ਬਿਤ ਅਨਿਤ ਪ੍ਰਿਅ ਬਿਨੁ ਕਵਨ ਬਿਧੀ ਨ ਧੀਜੀਐ ॥ ਖਾਨ ਪਾਨ ਸੀਗਾਰ ਬਿਰਥੇ ਹਰਿ ਕੰਤ ਬਿਨੁ ਕਿਉ ਜੀਜੀਐ ॥ ਆਸਾ ਪਿਆਸੀ ਰੈਨਿ ਦਿਨੀਅਰੁ ਰਹਿ ਨ ਸਕੀਐ ਇਕੁ ਤਿਲੈ ॥ ਨਾਨਕੁ ਪਇਅੰਪੈ ਸੰਤ ਦਾਸੀ ਤਉ ਪ੍ਰਸਾਦਿ ਮੇਰਾ ਪਿਰੁ ਮਿਲੈ ॥੨॥ {ਪੰਨਾ 542-543}

ਪਦਅਰਥ:- ਉਲਾਹਨੇ—ਉਲਾਂਭੇ, ਗਿਲੇ । ਕਰਉ—ਕਰਉਂ, ਮੈਂ ਕਰਦੀ ਹਾਂ । ਉਪਾਵ—ਕਈ ਹੀਲੇ {ਲਫ਼ਜ਼ 'ਉਪਾਉ' apwX ਤੋਂ ਬਹੁ-ਵਚਨ} । ਚਲ—ਚੰਚਲ । ਬਿਤ—ਧਨ । ਅਨਿਤ—ਨਿੱਤ ਨਾਹ ਰਹਿਣ ਵਾਲਾ । ਕਵਨ ਬਿਧਿ—ਕਿਸੇ ਤਰ੍ਹਾਂ ਭੀ । ਧੀਜੀਐ—ਧੀਰਜ ਆਉਂਦੀ । ਜੀਜੀਐ—ਜੀਵਿਆ ਜਾਏ । ਰੈਨਿ—ਰਾਤ । ਦਿਨੀਅਰੁ {idnkr—ਸੂਰਜ} ਸੂਰਜ, ਦਿਨ । ਇਕੁ ਤਿਲੈ—ਥੋੜਾ ਜਿਤਨਾ ਸਮਾ ਭੀ । ਸੰਤ—ਹੇ ਸੰਤ! ਹੇ ਗੁਰੂ! ਤਉ ਪ੍ਰਸਾਦਿ—ਤੇਰੀ ਕਿਰਪਾ ਨਾਲ ।੨।

ਅਰਥ:- ਜਦ ਤਕ ਪਰਮਾਤਮਾ ਨਹੀਂ ਮਿਲਦਾ, ਜਦ ਤਕ (ਮੇਰੀਆਂ ਭੁੱਲਾਂ ਦੇ) ਮੈਨੂੰ ਲੱਖਾਂ ਉਲਾਂਭੇ ਮਿਲਦੇ ਰਹਿੰਦੇ ਹਨ । ਮੈਂ ਪਰਮਾਤਮਾ ਨੂੰ ਮਿਲਣ ਵਾਸਤੇ ਅਨੇਕਾਂ ਹੀਲੇ ਕਰਦੀ ਹਾਂ, ਪਰ ਮੇਰੀ ਕੋਈ ਪੇਸ਼ ਨਹੀਂ ਜਾਂਦੀ । ਪਿਆਰੇ ਪ੍ਰਭੂ ਦੇ ਮਿਲਾਪ ਤੋਂ ਬਿਨਾ ਕਿਸੇ ਤਰ੍ਹਾਂ ਭੀ ਮਨ ਨੂੰ ਧੀਰਜ ਨਹੀਂ ਆਉਂਦੀ, ਚਿੱਤ (ਧਨ ਦੀ ਖ਼ਾਤਰ) ਹਰ ਵੇਲੇ ਨੱਠਾ ਫਿਰਦਾ ਹੈ; ਤੇ, ਧਨ ਭੀ ਸਦਾ ਨਾਲ ਨਹੀਂ ਨਿਭਦਾ । ਸਾਰੇ ਖਾਣ ਪੀਣ ਸਿੰਗਾਰ ਪ੍ਰਭੂ-ਪਤੀ ਤੋਂ ਬਿਨਾ ਵਿਅਰਥ ਹਨ, ਪ੍ਰਭੂ-ਪਤੀ ਤੋਂ ਬਿਨਾ ਜੀਵਨ ਦਾ ਕੋਈ ਕਜ ਨਹੀਂ । ਪ੍ਰਭੂ-ਪਤੀ ਤੋਂ ਬਿਨਾ (ਦੁਨੀਆ ਵਾਲੀਆਂ) ਆਸਾਂ (ਵਿਆਕੁਲ ਕਰੀ ਰੱਖਦੀਆਂ ਹਨ) ਮਾਇਆ ਦੀ ਤ੍ਰਿਸ਼ਨਾ ਦਿਨ ਰਾਤ ਲੱਗੀ ਰਹਿੰਦੀ ਹੈ । ਰਤਾ ਜਿਤਨੇ ਸਮੇ ਲਈ ਭੀ ਜਿੰਦ ਟਿਕਾਣੇ ਨਹੀਂ ਆਉਂਦੀ । ਨਾਨਕ ਬੇਨਤੀ ਕਰਦਾ ਹੈ—ਹੇ ਗੁਰੂ! ਮੈਂ (ਜੀਵ-ਇਸਤ੍ਰੀ) ਤੇਰੀ ਦਾਸੀ ਆ ਬਣੀ ਹਾਂ, ਤੇਰੀ ਕਿਰਪਾ ਨਾਲ (ਹੀ) ਮੇਰਾ ਪ੍ਰਭੂ ਪਤੀ (ਮੈਨੂੰ) ਮਿਲ ਸਕਦਾ ਹੈ ।੨।

ਸੇਜ ਏਕ ਪ੍ਰਿਉ ਸੰਗਿ ਦਰਸੁ ਨ ਪਾਈਐ ਰਾਮ ॥ ਅਵਗਨ ਮੋਹਿ ਅਨੇਕ ਕਤ ਮਹਲਿ ਬੁਲਾਈਐ ਰਾਮ ॥ ਨਿਰਗੁਨਿ ਨਿਮਾਣੀ ਅਨਾਥਿ ਬਿਨਵੈ ਮਿਲਹੁ ਪ੍ਰਭ ਕਿਰਪਾ ਨਿਧੇ ॥ ਭ੍ਰਮ ਭੀਤਿ ਖੋਈਐ ਸਹਜਿ ਸੋਈਐ ਪ੍ਰਭ ਪਲਕ ਪੇਖਤ ਨਵ ਨਿਧੇ ॥ ਗ੍ਰਿਹਿ ਲਾਲੁ ਆਵੈ ਮਹਲੁ ਪਾਵੈ ਮਿਲਿ ਸੰਗਿ ਮੰਗਲੁ ਗਾਈਐ ॥ ਨਾਨਕੁ ਪਇਅੰਪੈ ਸੰਤ ਸਰਣੀ ਮੋਹਿ ਦਰਸੁ ਦਿਖਾਈਐ ॥੩॥ {ਪੰਨਾ 543}

ਪਦਅਰਥ:- ਪ੍ਰਿਉ—ਪ੍ਰਭੂ-ਪਤੀ । ਸੰਗਿ—ਨਾਲ । ਦਰਸੁ—ਦਰਸਨ । ਮੋਹਿ—ਮੇਰੇ, ਮੇਰੇ ਵਿਚ ।

ਕਤ—ਕਿਵੇਂ? ਮਹਲਿ—ਮਹਲ ਵਿਚ, ਪ੍ਰਭੂ ਦੀ ਹਜ਼ੂਰੀ ਵਿਚ । ਨਿਰਗੁਨਿ—ਗੁਣ ਹੀਨ {ਇਸਤ੍ਰੀ ਲਿੰਗ} । ਅਨਾਥਿ—ਨਿਆਸਰੀ {ਇਸਤ੍ਰੀ ਲਿੰਗ} । ਬਿਨਵੈ—ਬੇਨਤੀ ਕਰਦੀ ਹੈ । ਪ੍ਰਭ—ਹੇ ਪ੍ਰਭੂ! ਕਿਰਪਾ ਨਿਧੇ—ਹੇ ਕਿਰਪਾ ਦੇ ਖ਼ਜ਼ਾਨੇ! ਭੀਤਿ—ਕੰਧ । ਖੋਈਐ—ਦੂਰ ਹੋ ਜਾਂਦੀ ਹੈ । ਸਹਜਿ—ਆਤਮਕ ਅਡੋਲਤਾ ਵਿਚ । ਨਵ ਨਿਧੇ—ਹੇ ਨੌ ਖ਼ਜ਼ਾਨਿਆਂ ਦੇ ਮਾਲਕ! ਗ੍ਰਿਹਿ—ਹਿਰਦੇ-ਘਰ ਵਿਚ । ਲਾਲੁ—ਪਿਆਰਾ ਸੁੰਦਰ ਪ੍ਰਭੂ । ਮਹਲੁ—ਪ੍ਰਭੂ ਦੀ ਹਜ਼ੂਰੀ । ਮਿਲਿ—ਮਿਲ ਕੇ । ਸੰਗਿ—ਨਾਲ । ਮੰਗਲੁ—ਖ਼ੁਸ਼ੀ ਦਾ ਗੀਤ । ਮੋਹਿ—ਮੈਨੂੰ ।੩।

ਅਰਥ:- (ਮੇਰੀ ਇਸ) ਇਕੋ ਹਿਰਦਾ-ਸੇਜ ਉਤੇ ਪ੍ਰਭੂ-ਪਤੀ (ਮੇਰੇ) ਨਾਲ (ਵੱਸਦਾ) ਹੈ, ਪਰ ਮੈਨੂੰ ਦਰਸਨ ਪ੍ਰਾਪਤ ਨਹੀਂ ਹੁੰਦਾ! ਮੈਨੂੰ ਪ੍ਰਭੂ ਦੀ ਹਜ਼ੂਰੀ ਵਿਚ ਸੱਦਿਆ ਭੀ ਕਿਵੇਂ ਜਾਏ? ਮੇਰੇ ਵਿਚ (ਤਾਂ) ਅਨੇਕਾਂ ਅਉਗਣ ਹਨ ।

ਗੁਣ-ਹੀਨ, ਨਿਮਾਣੀ, ਨਿਆਸਰੀ (ਜੀਵ-ਇਸਤ੍ਰੀ) ਬੇਨਤੀ ਕਰਦੀ ਹੈ—ਹੇ ਕਿਰਪਾ ਦੇ ਖ਼ਜ਼ਾਨੇ ਪ੍ਰਭੂ! ਮੈਨੂੰ ਮਿਲ । ਹੇ ਨੌ ਖ਼ਜ਼ਾਨਿਆਂ ਦੇ ਮਾਲਕ ਪ੍ਰਭੂ! ਇਕ ਪਲਕ ਮਾਤ੍ਰ ਤੇਰਾ ਦਰਸਨ ਕੀਤਿਆਂ (ਤੈਥੋਂ ਵਿਛੋੜਨ ਵਾਲੀ) ਭਟਕਣਾ ਦੀ ਕੰਧ ਦੂਰ ਹੋ ਜਾਂਦੀ ਹੈ, ਆਤਮਕ ਅਡੋਲਤਾ ਵਿਚ ਲੀਨਤਾ ਹੋ ਜਾਂਦੀ ਹੈ ।

ਜਦੋਂ ਜੀਵ-ਇਸਤ੍ਰੀ ਦੇ ਹਿਰਦੇ-ਘਰ ਵਿਚ ਪਿਆਰਾ ਪ੍ਰਭੂ-ਪਤੀ ਆ ਵੱਸਦਾ ਹੈ ਜਦੋਂ ਜੀਵ-ਇਸਤ੍ਰੀ ਪ੍ਰਭੂ ਦੀ ਹਜ਼ੂਰੀ ਪ੍ਰਾਪਤ ਕਰ ਲੈਂਦੀ ਹੈ, ਤਦੋਂ ਪ੍ਰਭੂ ਦੇ ਨਾਲ ਮਿਲ ਕੇ ਖ਼ੁਸ਼ੀ ਦਾ ਗੀਤ ਗਾਇਆ ਜਾ ਸਕਦਾ ਹੈ । ਹੇ ਗੁਰੂ! ਨਾਨਕ ਤੇਰੇ ਚਰਨਾਂ ਵਿਚ ਆ ਪਿਆ ਹੈ, ਤੇਰੀ ਸਰਨ ਆ ਗਿਆ ਹੈ (ਮੈਨੂੰ ਨਾਨਕ ਨੂੰ) ਪਰਮਾਤਮਾ-ਪਤੀ ਦਾ ਦਰਸਨ ਕਰਾ ਦੇ ।੩।

ਸੰਤਨ ਕੈ ਪਰਸਾਦਿ ਹਰਿ ਹਰਿ ਪਾਇਆ ਰਾਮ ॥ ਇਛ ਪੁੰਨੀ ਮਨਿ ਸਾਂਤਿ ਤਪਤਿ ਬੁਝਾਇਆ ਰਾਮ ॥ ਸਫਲਾ ਸੁ ਦਿਨਸ ਰੈਣੇ ਸੁਹਾਵੀ ਅਨਦ ਮੰਗਲ ਰਸੁ ਘਨਾ ॥ ਪ੍ਰਗਟੇ ਗੁਪਾਲ ਗੋਬਿੰਦ ਲਾਲਨ ਕਵਨ ਰਸਨਾ ਗੁਣ ਭਨਾ ॥ ਭ੍ਰਮ ਲੋਭ ਮੋਹ ਬਿਕਾਰ ਥਾਕੇ ਮਿਲਿ ਸਖੀ ਮੰਗਲੁ ਗਾਇਆ ॥ ਨਾਨਕੁ ਪਇਅੰਪੈ ਸੰਤ ਜੰਪੈ ਜਿਨਿ ਹਰਿ ਹਰਿ ਸੰਜੋਗਿ ਮਿਲਾਇਆ ॥੪॥੨॥ {ਪੰਨਾ 543}

ਪਦਅਰਥ:- ਕੈ ਪਰਸਾਦਿ—ਦੀ ਕਿਰਪਾ ਨਾਲ । ਪੁੰਨੀ—ਪੂਰੀ ਹੋ ਗਈ ਹੈ । ਮਨਿ—ਮਨ ਵਿਚ । ਤਪਤਿ—ਤਪਸ਼, ਸੜਨ । ਸਫਲਾ—ਮੁਬਾਰਿਕ । ਸੁ—ਉਹ । ਰੈਣੇ—ਰਾਤ । ਸੁਹਾਵੀ—ਸੁਖਾਵੀਂ । ਘਨਾ—ਬਹੁਤ । ਰਸਨਾ—ਜੀਭ । ਕਵਨ ਗੁਣ—ਕੇਹੜੇ ਕੇਹੜੇ ਗੁਣ! ਭਨਾ—ਭਨਾਂ, ਮੈਂ ਦੱਸਾਂ । ਥਾਕੇ—ਮੁੱਕ ਗਏ ਹਨ । ਮਿਲਿ—ਮਿਲ ਕੇ । ਸਖੀ—ਸਖੀਆਂ, ਗਿਆਨ-ਇੰਦਰੇ । ਪਇਅੰਪੈ—ਚਰਨੀਂ ਪੈਂਦਾ ਹੈ । ਸੰਤ ਜੰਪੈ—ਗੁਰੂ ਅੱਗੇ ਅਰਜ਼ੋਈ ਕਰਦਾ ਹੈ । ਸੰਜੋਗਿ—ਸੰਜੋਗ ਦੀ ਰਾਹੀਂ, ਮਿਲਾਪ ਦੇ ਲੇਖ ਦੀ ਰਾਹੀਂ ।੪।

ਅਰਥ:- ਸਤਿਗੁਰੂ ਜੀ ਦੀ ਕਿਰਪਾ ਨਾਲ ਮੈਂ ਪਰਮਾਤਮਾ ਲੱਭ ਲਿਆ ਹੈ, ਮੇਰੀ (ਚਿਰਾਂ ਦੀ) ਤਾਂਘ ਪੂਰੀ ਹੋ ਗਈ ਹੈ, ਮੇਰੇ ਮਨ ਵਿਚ ਠੰਢ ਪੈ ਗਈ ਹੈ, (ਮੇਰੇ ਅੰਦਰੋਂ ਤ੍ਰਿਸ਼ਨਾ ਦੀ) ਤਪਸ਼ ਬੁੱਝ ਗਈ ਹੈ । ਉਹ ਦਿਨ (ਮੇਰੇ ਵਾਸਤੇ) ਭਾਗਾਂ ਵਾਲਾ ਹੈ ਉਹ ਰਾਤ ਸੋਹਣੀ ਹੈ (ਜਦੋਂ ਮੈਨੂੰ ਪਰਮਾਤਮਾ ਮਿਲਿਆ । ਮਿਲਾਪ ਦੀ ਬਰਕਤਿ ਨਾਲ ਮੇਰੇ ਅੰਦਰ) ਬਹੁਤ ਆਨੰਦ ਖ਼ੁਸ਼ੀਆਂ ਸਵਾਦ ਬਣੇ ਪਏ ਹਨ, (ਮੇਰੇ

ਹਿਰਦੇ ਵਿਚ) ਪਿਆਰੇ ਗੋਪਾਲ ਗੋਬਿੰਦ ਜੀ ਪਰਗਟ ਹੋ ਗਏ ਹਨ, ਮੈਂ ਆਪਣੀ ਜੀਭ ਨਾਲ (ਉਸ ਮਿਲਾਪ ਦੇ) ਕੇਹੜੇ ਕੇਹੜੇ ਗੁਣ (ਲਾਭ) ਦੱਸਾਂ? (ਮੇਰੇ ਅੰਦਰੋਂ) ਭਟਕਣਾ, ਲੋਭ, ਮੋਹ, ਆਦਿਕ ਸਾਰੇ ਵਿਕਾਰ ਦੂਰ ਹੋ ਗਏ ਹਨ, ਮੇਰੇ ਗਿਆਨ-ਇੰਦ੍ਰੇ ਮਿਲ ਕੇ ਸਿਫ਼ਤਿ-ਸਾਲਾਹ ਦਾ ਗੀਤ ਗਾ ਰਹੇ ਹਨ । ਹੁਣ ਨਾਨਕ ਗੁਰੂ ਦੇ ਚਰਨਾਂ ਵਿਚ ਢਹਿ ਪਿਆ ਹੈ, ਗੁਰੂ ਅੱਗੇ ਹੀ ਅਰਜ਼ੋਈ ਕਰਦਾ ਰਹਿੰਦਾ ਹੈ, ਕਿਉਂਕਿ ਉਸ ਗੁਰੂ ਨੇ ਮਿਲਾਪ ਦੇ ਲੇਖ ਦੀ ਰਾਹੀਂ (ਮਿਲਾਪ ਦੇ ਲੇਖ ਨੂੰ ਉਜਾਗਰ ਕਰ ਕੇ) ਮੈਨੂੰ ਪਰਮਾਤਮਾ ਮਿਲਾ ਦਿੱਤਾ ਹੈ ।੪।੨।

ਬਿਹਾਗੜਾ ਮਹਲਾ ੫ ॥ ਕਰਿ ਕਿਰਪਾ ਗੁਰ ਪਾਰਬ੍ਰਹਮ ਪੂਰੇ ਅਨਦਿਨੁ ਨਾਮੁ ਵਖਾਣਾ ਰਾਮ ॥ ਅੰਮ੍ਰਿਤ ਬਾਣੀ ਉਚਰਾ ਹਰਿ ਜਸੁ ਮਿਠਾ ਲਾਗੈ ਤੇਰਾ ਭਾਣਾ ਰਾਮ ॥ ਕਰਿ ਦਇਆ ਮਇਆ ਗੋਪਾਲ ਗੋਬਿੰਦ ਕੋਇ ਨਾਹੀ ਤੁਝ ਬਿਨਾ ॥ ਸਮਰਥ ਅਗਥ ਅਪਾਰ ਪੂਰਨ ਜੀਉ ਤਨੁ ਧਨੁ ਤੁਮ੍ ਮਨਾ ॥ ਮੂਰਖ ਮੁਗਧ ਅਨਾਥ ਚੰਚਲ ਬਲਹੀਨ ਨੀਚ ਅਜਾਣਾ ॥ ਬਿਨਵੰਤਿ ਨਾਨਕ ਸਰਣਿ ਤੇਰੀ ਰਖਿ ਲੇਹੁ ਆਵਣ ਜਾਣਾ ॥੧॥ {ਪੰਨਾ 543}

ਪਦਅਰਥ:- ਗੁਰ—ਹੇ ਸਭ ਤੋਂ ਵੱਡੇ! ਅਨਦਿਨੁ—ਹਰ ਰੋਜ਼ । ਵਖਾਣਾ—ਵਖਾਣਾਂ, ਮੈਂ ਉਚਾਰਦਾ ਰਹਾਂ । ਅੰਮ੍ਰਿਤ—ਆਤਮਕ ਜੀਵਨ ਦੇਣ ਵਾਲੀ । ਉਚਰਾ—ਉੱਚਰਾਂ, ਮੈਂ ਉਚਾਰਦਾ ਰਹਾਂ । ਜਸੁ—ਸਿਫ਼ਤਿ-ਸਾਲਾਹ ਦਾ ਗੀਤ । ਮਇਆ—ਕਿਰਪਾ । ਗੋਪਾਲ—ਹੇ ਗੋਪਾਲ! ਅਗਥ—ਅਕੱਥ, ਜਿਸ ਦਾ ਸਰੂਪ ਬਿਆਨ ਨਾਹ ਕੀਤਾ ਜਾ ਸਕੇ । ਜੀਉ—ਜਿੰਦ । ਤੁਮ੍—ਤੇਰਾ ਦਿੱਤਾ ਹੋਇਆ । ਮੁਗਧ—ਮੂਰਖ । ਅਨਾਥ—ਨਿਆਸਰਾ । ਆਵਣ ਜਾਣਾ—ਜੰਮਣ ਮਰਨਾ ।੧।

ਅਰਥ:- ਹੇ ਸਭ ਤੋਂ ਵੱਡੇ! ਹੇ ਸਰਬ-ਗੁਣ-ਭਰਪੂਰ ਪ੍ਰਭੂ! (ਮੇਰੇ ਉੱਤੇ) ਮੇਹਰ ਕਰ, ਮੈਂ ਹਰ ਵੇਲੇ ਤੇਰਾ ਨਾਮ ਸਿਮਰਦਾ ਰਹਾਂ, ਆਤਮਕ ਜੀਵਨ ਦੇਣ ਵਾਲੀ ਤੇਰੀ ਬਾਣੀ ਉਚਾਰਦਾ ਰਹਾਂ, ਮੈਂ ਤੇਰੀ ਸਿਫ਼ਤਿ-ਸਾਲਾਹ ਦਾ ਗੀਤ ਗਾਂਦਾ ਰਹਾਂ, ਮੈਨੂੰ ਤੇਰੀ ਰਜ਼ਾ ਮਿੱਠੀ ਲੱਗਦੀ ਰਹੇ । ਹੇ ਗੋਪਾਲ! ਹੇ ਗੋਬਿੰਦ! (ਮੇਰੇ ਉਤੇ) ਦਇਆ ਕਰ, ਤਰਸ ਕਰ, ਤੈਥੋਂ ਬਿਨਾ ਮੇਰਾ ਹੋਰ ਕੋਈ ਸਹਾਰਾ ਨਹੀਂ ਹੈ । ਹੇ ਸਭ ਤਾਕਤਾਂ ਦੇ ਮਾਲਕ! ਹੇ ਅਕੱਥ! ਹੇ ਬੇਅੰਤ! ਮੇਰੀ ਇਹ ਜਿੰਦ, ਮੇਰਾ ਇਹ ਮਨ ਇਹ ਸਰੀਰ, ਇਹ ਧਨ—ਸਭ ਕੁਝ ਤੇਰਾ ਹੀ ਦਿੱਤਾ ਹੋਇਆ ਹੈ ।

ਨਾਨਕ ਬੇਨਤੀ ਕਰਦਾ ਹੈ—ਹੇ ਪ੍ਰਭੂ! ਮੈਂ ਮੂਰਖ ਹਾਂ ਬਹੁਤ ਮੂਰਖ ਹਾਂ, ਨਿਆਸਰਾ ਹਾਂ, ਚੰਚਲ, ਕਮਜ਼ੋਰ, ਨੀਚ ਤੇ ਅੰਞਾਣ ਹਾਂ । ਮੈਂ ਤੇਰੀ ਸਰਨ ਆਇਆ ਹਾਂ । ਮੈਨੂੰ ਜਨਮ ਮਰਨ ਦੇ ਗੇੜ ਤੋਂ ਬਚਾ ਲੈ ।੧।

ਸਾਧਹ ਸਰਣੀ ਪਾਈਐ ਹਰਿ ਜੀਉ ਗੁਣ ਗਾਵਹ ਹਰਿ ਨੀਤਾ ਰਾਮ ॥ ਧੂਰਿ ਭਗਤਨ ਕੀ ਮਨਿ ਤਨਿ ਲਗਉ ਹਰਿ ਜੀਉ ਸਭ ਪਤਿਤ ਪੁਨੀਤਾ ਰਾਮ ॥ ਪਤਿਤਾ ਪੁਨੀਤਾ ਹੋਹਿ ਤਿਨ੍ ਸੰਗਿ ਜਿਨ੍ ਬਿਧਾਤਾ ਪਾਇਆ ॥ ਨਾਮ ਰਾਤੇ ਜੀਅ ਦਾਤੇ ਨਿਤ ਦੇਹਿ ਚੜਹਿ ਸਵਾਇਆ ॥ ਰਿਧਿ ਸਿਧਿ ਨਵ ਨਿਧਿ ਹਰਿ ਜਪਿ ਜਿਨੀ ਆਤਮੁ ਜੀਤਾ ॥ ਬਿਨਵੰਤਿ ਨਾਨਕੁ ਵਡਭਾਗਿ ਪਾਈਅਹਿ ਸਾਧ ਸਾਜਨ ਮੀਤਾ ॥੨॥ {ਪੰਨਾ 543}

ਪਦਅਰਥ:- ਸਾਧਹ ਸਰਣੀ—ਗੁਰਮੁਖਾਂ ਦੀ ਸਰਨ ਪਿਆਂ । ਗਾਵਹ—ਅਸੀ ਗਾਂਦੇ ਹਾਂ, ਗਾ ਸਕਦੇ ਹਾਂ

। ਨੀਤਾ—ਨਿੱਤ । ਮਨਿ—ਮਨ ਵਿਚ । ਤਨਿ—ਸਰੀਰ ਉਤੇ । ਲਗਉ—{ਹੁਕਮੀ ਭਵਿੱਖਤ, ਅੱਨ ਪੁਰਖ, ਇਕ-ਵਚਨ} ਲੱਗੀ ਰਹੇ । ਪਤਿਤ—ਵਿਕਾਰੀ । ਸੰਗਿ—ਨਾਲ । ਬਿਧਾਤਾ—ਕਰਤਾਰ । ਰਾਤੇ—ਰੰਗੇ ਹੋਏ । ਜੀਅ ਦਾਤੇ—ਆਤਮਕ ਜੀਵਨ ਦੇਣ ਵਾਲੇ । ਦੇਹਿ—ਦੇਂਦੇ ਹਨ । ਚੜਹਿ ਸਵਾਇਆ—(ਉਹ ਦਾਤਾਂ) ਵਧਦੀਆਂ ਰਹਿੰਦੀਆਂ ਹਨ । ਰਿਧਿ ਸਿਧਿ—ਕਰਾਮਾਤੀ ਤਾਕਤਾਂ । ਨਵ ਨਿਧਿ—ਨੌ ਖ਼ਜ਼ਾਨੇ । ਜਪਿ—ਜਪ ਕੇ । ਜਿਨ੍ੀ—ਜਿਨ੍ਹਾਂ (ਮਨੁੱਖਾਂ) ਨੇ । ਆਤਮੁ—ਆਪਣੇ ਆਪ ਨੂੰ । ਪਾਈਅਹਿ—ਮਿਲਦੇ ਹਨ ।੨।

ਅਰਥ:- (ਹੇ ਭਾਈ!) ਗੁਰਮੁਖਾਂ ਦੀ ਸਰਨ ਪਿਆਂ ਪਰਮਾਤਮਾ ਮਿਲ ਪੈਂਦਾ ਹੈ, ਤੇ, ਅਸੀ ਸਦਾ ਪਰਮਾਤਮਾ ਦੇ ਗੁਣ ਗਾ ਸਕਦੇ ਹਾਂ । ਹੇ ਪ੍ਰਭੂ ਜੀ! (ਮੇਹਰ ਕਰ) ਤੇਰੇ ਭਗਤ ਜਨਾਂ ਦੇ ਚਰਨਾਂ ਦੀ ਧੂੜ ਮੇਰੇ ਮਨ ਵਿਚ ਮੇਰੇ ਮੱਥੇ ਉਤੇ ਲੱਗਦੀ ਰਹੇ (ਭਗਤ ਜਨਾਂ ਦੇ ਚਰਨਾਂ ਦੀ ਧੂੜ ਦੀ ਬਰਕਤਿ ਨਾਲ) ਵਿਕਾਰਾਂ ਵਿਚ ਡਿੱਗੇ ਹੋਏ ਮਨੁੱਖ ਭੀ ਪਵਿਤ੍ਰ ਹੋ ਜਾਂਦੇ ਹਨ । ਜਿਨ੍ਹਾਂ ਮਨੁੱਖਾਂ ਨੇ ਕਰਤਾਰ ਲੱਭ ਲਿਆ ਉਹਨਾਂ ਦੀ ਸੰਗਤਿ ਵਿਚ ਵਿਕਾਰੀ ਬੰਦੇ ਸੁੱਚੇ ਜੀਵਨ ਵਾਲੇ ਬਣ ਜਾਂਦੇ ਹਨ । ਪਰਮਾਤਮਾ ਦੇ ਨਾਮ-ਰੰਗ ਨਾਲ ਰੰਗੇ ਹੋਏ ਬੰਦੇ ਆਤਮਕ ਜੀਵਨ ਦੀਆਂ ਦਾਤਾਂ ਦੇਣ-ਜੋਗੇ ਹੋ ਜਾਂਦੇ ਹਨ, ਉਹ ਇਹ ਦਾਤਾਂ ਨਿੱਤ ਦੇਂਦੇ ਹਨ ਤੇ ਇਹ ਵਧਦੀਆਂ ਰਹਿੰਦੀਆਂ ਹਨ । ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦਾ ਨਾਮ ਜਪ ਕੇ ਆਪਣੇ ਮਨ ਨੂੰ ਵੱਸ ਵਿਚ ਕਰ ਲਿਆ, ਸਭ ਕਰਾਮਾਤੀ ਤਾਕਤਾਂ ਤੇ ਦੁਨੀਆ ਦੇ ਨੌ ਹੀ ਖ਼ਜ਼ਾਨੇ ਉਹਨਾਂ ਨੂੰ ਮਿਲ ਜਾਂਦੇ ਹਨ । ਹੇ ਭਾਈ! ਨਾਨਕ ਬੇਨਤੀ ਕਰਦਾ ਹੈ ਕਿ ਗੁਰਮੁਖ ਸੱਜਣ ਮਿੱਤਰ ਵੱਡੀ ਕਿਸਮਤ ਨਾਲ ਹੀ ਮਿਲਦੇ ਹਨ ।੨।

ਜਿਨੀ ਸਚੁ ਵਣੰਜਿਆ ਹਰਿ ਜੀਉ ਸੇ ਪੂਰੇ ਸਾਹਾ ਰਾਮ ॥ ਬਹੁਤੁ ਖਜਾਨਾ ਤਿੰਨ ਪਹਿ ਹਰਿ ਜੀਉ ਹਰਿ ਕੀਰਤਨੁ ਲਾਹਾ ਰਾਮ ॥ ਕਾਮੁ ਕ੍ਰੋਧੁ ਨ ਲੋਭੁ ਬਿਆਪੈ ਜੋ ਜਨ ਪ੍ਰਭ ਸਿਉ ਰਾਤਿਆ ॥ ਏਕੁ ਜਾਨਹਿ ਏਕੁ ਮਾਨਹਿ ਰਾਮ ਕੈ ਰੰਗਿ ਮਾਤਿਆ ॥ ਲਗਿ ਸੰਤ ਚਰਣੀ ਪੜੇ ਸਰਣੀ ਮਨਿ ਤਿਨਾ ਓਮਾਹਾ ॥ ਬਿਨਵੰਤਿ ਨਾਨਕੁ ਜਿਨ ਨਾਮੁ ਪਲੈ ਸੇਈ ਸਚੇ ਸਾਹਾ ॥੩॥

{ਪੰਨਾ 543}

ਪਦਅਰਥ:- ਸਚੁ—ਸਦਾ-ਥਿਰ ਰਹਿਣ ਵਾਲਾ ਹਰਿ-ਨਾਮ । ਵਣੰਜਿਆ—ਵਪਾਰ ਕੀਤਾ । ਪੂਰੇ—ਭਰੇ ਖ਼ਜ਼ਾਨਿਆਂ ਵਾਲੇ । ਪਹਿ—ਕੋਲ । ਲਾਹਾ—ਲਾਭ, ਖੱਟੀ । ਨ ਬਿਆਪੈ—ਜ਼ੋਰ ਨਹੀਂ ਪਾ ਸਕਦਾ । ਸਿਉ—ਨਾਲ । ਰਾਤਿਆ—ਰੰਗੇ ਹੋਏ । ਜਾਨਹਿ—ਸਾਂਝ ਪਾਂਦੇ ਹਨ । ਮਾਨਹਿ—ਮੰਨਦੇ ਹਨ । ਕੈ ਰੰਗਿ—ਦੇ ਪ੍ਰੇਮ-ਰੰਗ ਵਿਚ । ਮਾਤਿਆ—ਮਸਤ । ਲਗਿ—ਲੱਗ ਕੇ । ਮਨਿ—ਮਨ ਵਿਚ । ਓਮਾਹਾ—ਚਾਉ, ਉਤਸ਼ਾਹ । ਪਲੈ—ਪੱਲੇ ਵਿਚ । ਸਚੇ—ਸਦਾ ਕਾਇਮ ਰਹਿਣ ਵਾਲੇ ।੩।

ਅਰਥ:- ਜਿਨ੍ਹਾਂ ਮਨੁੱਖਾਂ ਨੇ (ਸਦਾ) ਸਦਾ-ਥਿਰ ਰਹਿਣ ਵਾਲੇ ਹਰਿ-ਨਾਮ ਦਾ ਵਪਾਰ ਕੀਤਾ ਹੈ ਉਹ ਭਰੇ ਭੰਡਾਰਾਂ ਵਾਲੇ ਸ਼ਾਹੂਕਾਰ ਹਨ, ਉਹਨਾਂ ਪਾਸ (ਹਰਿ-ਨਾਮ ਦਾ) ਬਹੁਤ ਖ਼ਜ਼ਾਨਾ ਹੈ, ਉਹ (ਇਸ ਵਪਾਰ ਵਿਚ) ਪਰਮਾਤਮਾ ਦੀ ਸਿਫ਼ਤਿ-ਸਾਲਾਹ (ਦੀ) ਖੱਟੀ ਖੱਟਦੇ ਹਨ । ਜੇਹੜੇ ਮਨੁੱਖ ਪਰਮਾਤਮਾ ਨਾਲ ਰੱਤੇ ਰਹਿੰਦੇ ਹਨ, ਉਹਨਾਂ ਉੱਤੇ ਨਾਹ ਕਾਮ, ਨਾਹ ਕ੍ਰੋਧ ਨਾਹ ਲੋਭ, ਕੋਈ ਭੀ ਆਪਣਾ ਜ਼ੋਰ ਨਹੀਂ ਪਾ ਸਕਦਾ, ਉਹ ਇਕ ਪਰਮਾਤਮਾ ਨਾਲ ਹੀ ਡੂੰਘੀ ਸਾਂਝ ਪਾਂਦੇ ਹਨ, ਉਹ ਇਕ ਪਰਮਾਤਮਾ ਨੂੰ ਹੀ (ਪੱਕਾ ਸਾਥੀ) ਮੰਨਦੇ ਹਨ, ਉਹ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਮਸਤ ਰਹਿੰਦੇ ਹਨ । ਉਹ ਮਨੁੱਖ

ਗੁਰੂ ਦੀ ਚਰਨੀਂ ਲੱਗ ਕੇ ਪਰਮਾਤਮਾ ਦੀ ਸਰਨ ਪਏ ਰਹਿੰਦੇ ਹਨ, ਉਹਨਾਂ ਦੇ ਮਨ ਵਿਚ (ਪਰਮਾਤਮਾ ਦੇ ਮਿਲਾਪ ਦਾ) ਚਾਉ ਚੜ੍ਹਿਆ ਰਹਿੰਦਾ ਹੈ । ਨਾਨਕ ਬੇਨਤੀ ਕਰਦਾ ਹੈ, ਜਿਨ੍ਹਾਂ ਮਨੁੱਖਾਂ ਦੇ ਪਾਸ ਪਰਮਾਤਮਾ ਦਾ ਨਾਮ-ਧਨ ਹੈ ਉਹੀ ਐਸੇ ਹਨ ਜੋ ਸਦਾ ਲਈ ਸ਼ਾਹੂਕਾਰ ਟਿਕੇ ਰਹਿੰਦੇ ਹਨ ।੩।

ਨਾਨਕ ਸੋਈ ਸਿਮਰੀਐ ਹਰਿ ਜੀਉ ਜਾ ਕੀ ਕਲ ਧਾਰੀ ਰਾਮ ॥ ਗੁਰਮੁਖਿ ਮਨਹੁ ਨ ਵੀਸਰੈ ਹਰਿ ਜੀਉ ਕਰਤਾ ਪੁਰਖੁ ਮੁਰਾਰੀ ਰਾਮ ॥ ਦੂਖੁ ਰੋਗੁ ਨ ਭਉ ਬਿਆਪੈ ਜਿਨ੍ਹੀ ਹਰਿ ਹਰਿ ਧਿਆਇਆ ॥ ਸੰਤ ਪ੍ਰਸਾਦਿ ਤਰੇ ਭਵਜਲੁ ਪੂਰਬਿ ਲਿਖਿਆ ਪਾਇਆ ॥ ਵਜੀ ਵਧਾਈ ਮਨਿ ਸਾਂਤਿ ਆਈ ਮਿਲਿਆ ਪੁਰਖੁ ਅਪਾਰੀ ॥ ਬਿਨਵੰਤਿ ਨਾਨਕੁ ਸਿਮਰਿ ਹਰਿ ਹਰਿ ਇਛ ਪੁੰਨੀ ਹਮਾਰੀ ॥੪॥੩॥ {ਪੰਨਾ 544}

ਪਦਅਰਥ:- ਨਾਨਕ—ਹੇ ਨਾਨਕ! ਜਾ ਕੀ—ਜਿਸ ਦੀ । ਕਲ—ਕਲਾ, ਸੱਤਾ । ਗੁਰਮੁਖਿ—ਗੁਰੂ ਦੀ ਸਰਨ ਪਿਆਂ । ਮਨਹੁ—ਮਨ ਤੋਂ । ਪੁਰਖੁ—ਸਰਬ-ਵਿਆਪਕ । ਮੁਰਾਰੀ—{ਮੁਰ—ਅਰਿ । ਅਰਿ—ਵੈਰੀ} ਪਰਮਾਤਮਾ । ਸੰਤ ਪ੍ਰਸਾਦਿ—ਗੁਰੂ ਦੀ ਕਿਰਪਾ ਨਾਲ । ਪੂਰਬਿ—ਪੂਰਬਲੇ ਜਨਮ ਵਿਚ (ਕਮਾਏ ਅਨੁਸਾਰ) । ਪਾਇਆ—ਪ੍ਰਾਪਤ ਕਰ ਲਿਆ । ਵਧਾਈ—ਵਧਦੀ ਦਸ਼ਾ, ਚੜ੍ਹਦੀ ਕਲਾ । ਵਜੀ—ਵੱਜ ਪਈ (ਜਿਵੇਂ ਵਾਜਾ ਵੱਜਿਆਂ ਹੋਰ ਨਿੱਕੇ ਖੜਾਕ ਨਹੀਂ ਸੁਣੀਦੇ) । ਮਨਿ—ਮਨ ਵਿਚ । ਅਪਾਰੀ—ਬੇਅੰਤ । ਨਾਨਕੁ—{ਲਫ਼ਜ਼ 'ਨਾਨਕ' ਅਤੇ 'ਨਾਨਕੁ' ਦਾ ਫ਼ਰਕ ਵੇਖੋ} । ਸਿਮਰਿ—ਸਿਮਰ ਕੇ । ਪੁੰਨੀ—ਪੂਰੀ ਹੋ ਗਈ ।੪।

ਅਰਥ:- ਹੇ ਨਾਨਕ! (ਸਦਾ) ਉਸ ਪਰਮਾਤਮਾ ਦਾ ਸਿਮਰਨ ਕਰਨਾ ਚਾਹੀਦਾ ਹੈ (ਸਾਰੇ ਸੰਸਾਰ ਵਿਚ) ਜਿਸ ਦੀ ਸੱਤਾ ਕੰਮ ਕਰ ਰਹੀ ਹੈ । (ਹੇ ਨਾਨਕ! ਗੁਰੂ ਦੀ ਸਰਨ ਪੈਣਾ ਚਾਹੀਦਾ ਹੈ) ਗੁਰੂ ਦੀ ਸਰਨ ਪਿਆਂ ਸਰਬ-ਵਿਆਪਕ ਕਰਤਾਰ ਪ੍ਰਭੂ ਮਨ ਤੋਂ ਨਹੀਂ ਭੁੱਲਦਾ । ਜਿਨ੍ਹਾਂ ਮਨੁੱਖਾਂ ਨੇ (ਸਦਾ) ਪਰਮਾਤਮਾ ਦਾ ਸਿਮਰਨ ਕੀਤਾ ਹੈ, ਉਹਨਾਂ ਉੱਤੇ ਕੋਈ ਰੋਗ, ਕੋਈ ਦੁੱਖ, ਕੋਈ ਡਰ ਆਪਣਾ ਜ਼ੋਰ ਨਹੀਂ ਪਾ ਸਕਦਾ । ਉਹਨਾਂ ਨੇ ਗੁਰੂ ਦੀ ਕਿਰਪਾ ਨਾਲ ਇਹ ਸੰਸਾਰ-ਸਮੁੰਦਰ ਤਰ ਲਿਆ (ਸਮਝੋ), ਪੂਰਬਲੇ ਜਨਮ ਵਿਚ ਕੀਤੀ ਕਮਾਈ ਅਨੁਸਾਰ (ਮੱਥੇ ਉੱਤੇ ਭਗਤੀ ਦਾ) ਲਿਖਿਆ ਲੇਖ ਉਹਨਾਂ ਨੂੰ ਪ੍ਰਾਪਤ ਹੋ ਗਿਆ । ਉਹਨਾਂ ਦੇ ਅੰਦਰ ਚੜ੍ਹਦੀ ਕਲਾ ਪ੍ਰਬਲ ਹੋ ਗਈ, ਉਹਨਾਂ ਦੇ ਮਨ ਵਿਚ ਠੰਡ ਪੈ ਗਈ, ਉਹਨਾਂ ਨੂੰ ਬੇਅੰਤ ਪ੍ਰਭੂ ਮਿਲ ਪਿਆ ।

ਨਾਨਕ ਬੇਨਤੀ ਕਰਦਾ ਹੈ, ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ ਮੇਰੀ ਭੀ (ਪ੍ਰਭੂ-ਮਿਲਾਪ ਵਾਲੀ ਚਿਰਾਂ ਦੀ) ਆਸ ਪੂਰੀ ਹੋ ਗਈ ਹੈ ।੪।੩।

ਬਿਹਾਗੜਾ ਮਹਲਾ ੫ ਘਰੁ ੨ ੴ ਸਤਿ ਨਾਮੁ ਗੁਰ ਪ੍ਰਸਾਦਿ ॥ ਵਧੁ ਸੁਖੁ ਰੈਨੜੀਏ ਪ੍ਰਿਅ ਪ੍ਰੇਮੁ ਲਗਾ ॥ ਘਟੁ ਦੁਖ ਨੀਦੜੀਏ ਪਰਸਉ ਸਦਾ ਪਗਾ ॥ ਪਗ ਧੂਰਿ ਬਾਂਛਉ ਸਦਾ ਜਾਚਉ ਨਾਮ ਰਸਿ ਬੈਰਾਗਨੀ ॥ ਪ੍ਰਿਅ ਰੰਗਿ ਰਾਤੀ ਸਹਜ ਮਾਤੀ ਮਹਾ ਦੁਰਮਤਿ ਤਿਆਗਨੀ ॥ ਗਹਿ ਭੁਜਾ ਲੀਨ੍ਹੀ ਪ੍ਰੇਮ ਭੀਨੀ ਮਿਲਨੁ ਪ੍ਰੀਤਮ ਸਚ ਮਗਾ ॥ ਬਿਨਵੰਤਿ ਨਾਨਕ ਧਾਰਿ ਕਿਰਪਾ ਰਹਉ ਚਰਣਹ ਸੰਗਿ ਲਗਾ ॥੧॥ {ਪੰਨਾ 544}

ਪਦਅਰਥ:- ਵਧੁ—ਲੰਮੀ ਹੁੰਦੀ ਜਾ । ਸੁਖ—ਆਤਮਕ ਆਨੰਦ । ਰੈਨੜੀਏ—ਹੇ ਸੋਹਣੀ ਰਾਤ!

ਪ੍ਰਿਅ—ਪਿਆਰੇ ਦਾ । ਘਟੁ—ਮੁੱਕਦੀ ਜਾ । ਨੀਦੜੀਏ—ਹੇ ਕੋਝੀ (ਗ਼ਫ਼ਲਤ ਦੀ) ਨੀਂਦ! ਪਰਸਉ—ਮੈਂ ਛੁੰਹਦੀ ਰਹਾਂ । ਪਗ—ਪੈਰ । ਬਾਂਛਉ—ਮੈਂ ਲੋਚਦੀ ਹਾਂ । ਜਾਚਉ—ਮੈਂ ਮੰਗਦੀ ਹਾਂ, ਜਾਚਉਂ । ਰਸਿ—ਰਸ ਵਿਚ । ਰੰਗਿ—ਰੰਗ ਵਿਚ । ਸਹਜ—ਆਤਮਕ ਅਡੋਲਤਾ । ਗਹਿ—ਫੜ ਕੇ । ਭੁਜਾ—ਬਾਂਹ । ਭੀਨੀ—ਭਿੱਜ ਗਈ । ਸਚ—ਸਦਾ-ਥਿਰ ਰਹਿਣ ਵਾਲਾ । ਮਗਾ—ਰਸਤਾ । ਰਹਉ—ਰਹਉਂ, ਮੈਂ ਰਹਾਂ ।੧।

ਅਰਥ:- ਹੇ ਆਤਮਕ ਆਨੰਦ ਦੇਣ ਵਾਲੀ ਸੋਹਣੀ (ਜੀਵਨ) ਰਾਤ! ਤੂੰ ਲੰਮੀ ਹੁੰਦੀ ਜਾ, (ਮੇਰੇ ਹਿਰਦੇ ਵਿਚ) ਪਿਆਰੇ ਦਾ ਪ੍ਰੇਮ ਬਣਿਆ ਰਹੇ । ਹੇ ਦੁਖਦਾਈ ਕੋਝੀ (ਗ਼ਫ਼ਲਤ ਦੀ) ਨੀਂਦ! ਤੂੰ ਘਟਦੀ ਜਾ, ਮੈਂ (ਤੈਥੋਂ ਬਚ ਕੇ) ਪ੍ਰਭੂ ਦੇ ਚਰਨ ਸਦਾ ਛੁੰਹਦੀ ਰਹਾਂ ।

ਮੈਂ (ਪ੍ਰਭੂ ਦੇ) ਚਰਨਾਂ ਦੀ ਧੂੜ ਲੋਚਦੀ ਹਾਂ, ਮੈਂ ਸਦਾ (ਉਸ ਦੇ ਦਰ ਤੋਂ ਇਹੀ) ਮੰਗਦੀ ਹਾਂ ਕਿ ਉਸ ਦੇ ਨਾਮ ਦੇ ਸਵਾਦ ਵਿਚ (ਦੁਨੀਆ ਵਲੋਂ) ਵੈਰਾਗਵਾਨ ਹੋਈ ਰਹਾਂ, ਪਿਆਰੇ ਦੇ ਪ੍ਰੇਮ-ਰੰਗ ਵਿਚ ਰੰਗੀ ਹੋਈ, ਆਤਮਕ ਅਡੋਲਤਾ ਦੇ (ਆਨੰਦ ਵਿਚ) ਮਸਤ ਮੈਂ ਇਸ ਵੱਡੀ (ਵੈਰਨ) ਭੈੜੀ ਮਤਿ ਦਾ ਤਿਆਗ ਕਰੀ ਰੱਖਾਂ ।

(ਪ੍ਰਭੂ ਨੇ ਮੇਰੀ) ਬਾਂਹ ਫੜ ਕੇ ਮੈਨੂੰ ਆਪਣੀ ਬਣਾ ਲਿਆ ਹੈ, ਮੈਂ ਉਸ ਦੇ ਪ੍ਰੇਮ-ਰਸ ਵਿਚ ਭਿੱਜ ਗਈ ਹਾਂ, ਸਦਾ ਕਾਇਮ ਰਹਿਣ ਵਾਲੇ ਪ੍ਰੀਤਮ ਨੂੰ ਮਿਲਣਾ ਹੀ (ਜ਼ਿੰਦਗੀ ਦਾ ਸਹੀ) ਰਸਤਾ ਹੈ । ਨਾਨਕ ਬੇਨਤੀ ਕਰਦਾ ਹੈ (—ਹੇ ਪ੍ਰਭੂ!) ਕਿਰਪਾ ਕਰ, ਮੈਂ ਸਦਾ ਤੇਰੇ ਚਰਨਾਂ ਨਾਲ ਜੁੜਿਆ ਰਹਾਂ ।੧।

ਮੇਰੀ ਸਖੀ ਸਹੇਲੜੀਹੋ ਪ੍ਰਭ ਕੈ ਚਰਣਿ ਲਗਹ ॥ ਮਨਿ ਪ੍ਰਿਅ ਪ੍ਰੇਮੁ ਘਣਾ ਹਰਿ ਕੀ ਭਗਤਿ ਮੰਗਹ ॥ ਹਰਿ ਭਗਤਿ ਪਾਈਐ ਪ੍ਰਭੁ ਧਿਆਈਐ ਜਾਇ ਮਿਲੀਐ ਹਰਿ ਜਨਾ ॥ ਮਾਨੁ ਮੋਹੁ ਬਿਕਾਰੁ ਤਜੀਐ ਅਰਪਿ ਤਨੁ ਧਨੁ ਇਹੁ ਮਨਾ ॥ ਬਡ ਪੁਰਖ ਪੂਰਨ ਗੁਣ ਸੰਪੂਰਨ ਭ੍ਰਮ ਭੀਤਿ ਹਰਿ ਹਰਿ ਮਿਲਿ ਭਗਹ ॥ ਬਿਨਵੰਤਿ ਨਾਨਕ ਸੁਣਿ ਮੰਤ੍ਰੁ ਸਖੀਏ ਹਰਿ ਨਾਮੁ ਨਿਤ ਨਿਤ ਨਿਤ ਜਪਹ ॥੨॥ {ਪੰਨਾ 544}

ਪਦਅਰਥ:- ਕੈ ਚਰਣਿ—ਦੇ ਚਰਨ ਵਿਚ {ਇਕ-ਵਚਨ} । ਲਗਹ—ਆਓ, ਅਸੀ ਲੱਗੀਏ {ਵਰਤਮਾਨ, ਉੱਤਮ ਪੁਰਖ, ਬਹੁ-ਵਚਨ} । ਮਨਿ—ਮਨ ਵਿਚ । ਘਣਾ—ਬਹੁਤ । ਮੰਗਹ—ਆਓ, ਅਸੀ ਮੰਗੀਏ । ਪਾਈਐ—ਪਾ ਲਈਦੀ ਹੈ । ਜਾਇ—ਜਾ ਕੇ । ਤਜੀਐ—ਛੱਡ ਦੇਣਾ ਚਾਹੀਦਾ ਹੈ । ਅਰਪਿ—ਭੇਟਾ ਕਰ ਕੇ । ਭ੍ਰਮ ਭੀਤਿ—ਭਟਕਣਾ ਦੀ ਕੰਧ । ਮਿਲਿ—ਮਿਲ ਕੇ । ਭਗਹ—ਆਓ, ਤੋੜ ਦੇਈਏ । ਮੰਤ੍ਰੁ—ਸਲਾਹ । ਜਪਹ—ਆਓ, ਅਸੀ ਜਪੀਏ ।੨।

ਅਰਥ:- ਹੇ ਮੇਰੀ ਸਖੀਹੋ! ਹੇ ਮੇਰੀ ਪਿਆਰੀ ਸਹੇਲੀਹੋ! ਆਓ, ਅਸੀ ਪ੍ਰਭੂ ਦੇ ਚਰਨਾਂ ਵਿਚ ਜੁੜੀਏ । (ਮੇਰੇ) ਮਨ ਵਿਚ ਪਿਆਰੇ ਦਾ ਬਹੁਤ ਪ੍ਰੇਮ ਵੱਸ ਰਿਹਾ ਹੈ, ਆਓ ਅਸੀ (ਉਸ ਪਾਸੋਂ) ਭਗਤੀ ਦੀ ਦਾਤਿ ਮੰਗੀਏ । ਹੇ ਸਹੇਲੀਹੋ! ਜਾ ਕੇ ਹਰੀ ਦੇ ਸੰਤ ਜਨਾਂ ਨੂੰ ਮਿਲਣਾ ਚਾਹੀਦਾ ਹੈ (ਉਹਨਾਂ ਦੀ ਸਹਾਇਤਾ ਨਾਲ) ਪਰਮਾਤਮਾ ਦਾ ਨਾਮ ਸਿਮਰਨਾ ਚਾਹੀਦਾ ਹੈ, (ਇਸੇ ਤਰ੍ਹਾਂ) ਪਰਮਾਤਮਾ ਦੀ ਭਗਤੀ ਪ੍ਰਾਪਤ ਹੁੰਦੀ ਹੈ । ਹੇ ਸਖੀਹੋ! ਆਪਣਾ ਇਹ ਮਨ ਇਹ ਸਰੀਰ ਇਹ ਧਨ (ਸਭ ਕੁਝ) ਭੇਟਾ ਕਰ ਕੇ (ਆਪਣੇ ਅੰਦਰੋਂ) ਅਹੰਕਾਰ, ਮਾਇਆ ਦਾ ਮੋਹ, ਵਿਕਾਰ ਦੂਰ ਕਰ ਦੇਣਾ ਚਾਹੀਦਾ ਹੈ । ਹੇ ਸਹੇਲੀਹੋ! ਜੋ ਪ੍ਰਭੂ ਸਭ ਤੋਂ ਵੱਡਾ ਹੈ, ਸਰਬ-ਵਿਆਪਕ ਹੈ, ਸਾਰੇ ਗੁਣਾਂ ਨਾਲ ਭਰਪੂਰ ਹੈ, ਉਸ ਨੂੰ ਮਿਲ ਕੇ (ਉਸ

ਨਾਲੋਂ ਵਿੱਥ ਪਾਣ ਵਾਲੀ ਆਪਣੇ ਅੰਦਰੋਂ) ਭਟਕਣਾ ਦੀ ਕੰਧ ਢਾਹ ਦੇਈਏ । ਨਾਨਕ ਬੇਨਤੀ ਕਰਦਾ ਹੈ—ਹੇ ਮੇਰੀ ਸਹੇਲੀਏ! ਮੇਰੀ ਸਲਾਹ ਸੁਣ, ਆਓ ਸਦਾ ਹੀ ਸਦਾ ਹੀ ਪਰਮਾਤਮਾ ਦਾ ਨਾਮ ਜਪਦੇ ਰਹੀਏ ।੨।

ਹਰਿ ਨਾਰਿ ਸੁਹਾਗਣੇ ਸਭਿ ਰੰਗ ਮਾਣੇ ॥ ਰਾਂਡ ਨ ਬੈਸਈ ਪ੍ਰਭ ਪੁਰਖ ਚਿਰਾਣੇ ॥ ਨਹ ਦੂਖ ਪਾਵੈ ਪ੍ਰਭ ਧਿਆਵੈ ਧੰਨਿ ਤੇ ਬਡਭਾਗੀਆ ॥ ਸੁਖ ਸਹਜਿ ਸੋਵਹਿ ਕਿਲਬਿਖ ਖੋਵਹਿ ਨਾਮ ਰਸਿ ਰੰਗਿ ਜਾਗੀਆ ॥ ਮਿਲਿ ਪ੍ਰੇਮ ਰਹਣਾ ਹਰਿ ਨਾਮੁ ਗਹਣਾ ਪ੍ਰਿਅ ਬਚਨ ਮੀਠੇ ਭਾਣੇ ॥ ਬਿਨਵੰਤਿ ਨਾਨਕ ਮਨ ਇਛ ਪਾਈ ਹਰਿ ਮਿਲੇ ਪੁਰਖ ਚਿਰਾਣੇ ॥੩॥ {ਪੰਨਾ 544}

ਪਦਅਰਥ:- ਹਰਿ ਨਾਰਿ—ਪ੍ਰਭੂ-ਪਤੀ ਦੀ ਇਸਤ੍ਰੀ । ਸੁਹਾਗਣੇ—ਚੰਗੇ ਭਾਗਾਂ ਵਾਲੀ । ਸਭਿ—ਸਾਰੇ । ਬੈਸਈ—ਬੈਸੇ, ਬੈਠਦੀ । ਚਿਰਾਣੇ—ਮੁੱਢ-ਕਦੀਮਾਂ ਦੇ । ਤੇ—ਉਹ ਜੀਵ-ਇਸਤ੍ਰੀਆਂ {ਬਹੁ-ਵਚਨ} । ਸਹਜਿ—ਆਤਮਕ ਅਡੋਲਤਾ ਵਿਚ । ਸੋਵਹਿ—ਸੌਂਦੀਆਂ ਹਨ, ਲੀਨ ਰਹਿੰਦੀਆਂ ਹਨ । ਕਿਲਬਿਖ—ਪਾਪ । ਜਾਗੀਆ—(ਮਾਇਆ ਦੇ ਮੋਹ ਵਲੋਂ) ਸੁਚੇਤ ਰਹਿੰਦੀਆਂ ਹਨ । ਮਿਲਿ—(ਸਾਧ ਸੰਗਤਿ ਵਿਚ) ਮਿਲ ਕੇ । ਪ੍ਰਿਅ ਬਚਨ—ਪਿਆਰੇ ਦੇ ਬੋਲ । ਭਾਣੇ—ਚੰਗੇ ਲੱਗਦੇ ਹਨ । ਮਨ ਇਛ—ਮਨ ਦੀ ਕਾਮਨਾ ।੩।

ਅਰਥ:- ਜੇਹੜੀ ਜੀਵ-ਇਸਤ੍ਰੀ ਆਪਣੇ ਆਪ ਨੂੰ ਪ੍ਰਭੂ-ਪਤੀ ਦੇ ਹਵਾਲੇ ਕਰ ਦੇਂਦੀ ਹੈ ਉਹ ਭਾਗਾਂ ਵਾਲੀ ਬਣ ਜਾਂਦੀ ਹੈ, ਉਹ ਸਾਰੇ ਆਨੰਦ ਮਾਣਦੀ ਹੈ ਉਹ ਕਦੇ ਵੀ ਨਿਖਸਮੀ ਨਹੀਂ ਹੁੰਦੀ, (ਉਸ ਦੇ ਸਿਰ ਉੱਤੇ) ਮੁੱਢ-ਕਦੀਮਾਂ ਦਾ ਖਸਮ-ਪ੍ਰਭੂ (ਹੱਥ ਰੱਖੀ ਰੱਖਦਾ ਹੈ), ਉਸ ਜੀਵ-ਇਸਤ੍ਰੀ ਨੂੰ ਕੋਈ ਦੁੱਖ ਨਹੀਂ ਵਿਆਪਦਾ ਉਹ ਸਦਾ ਪ੍ਰਭੂ-ਪਤੀ ਦਾ ਧਿਆਨ ਧਰਦੀ ਹੈ ।

ਜੇਹੜੀਆਂ ਜੀਵ-ਇਸਤ੍ਰੀਆਂ ਪ੍ਰਭੂ ਦੇ ਨਾਮ ਦੇ ਸਵਾਦ ਵਿਚ ਪ੍ਰਭੂ ਦੇ ਪ੍ਰੇਮ ਵਿਚ (ਟਿਕ ਕੇ, ਮਾਇਆ ਦੇ ਮੋਹ ਦੀ ਨੀਂਦ ਵਿਚ ਪੈਣੋਂ) ਸੁਚੇਤ ਰਹਿੰਦੀਆਂ ਹਨ ਉਹ ਮੁਬਾਰਿਕ ਹਨ ਉਹ ਵੱਡੇ ਭਾਗਾਂ ਵਾਲੀਆਂ ਹਨ ਉਹ ਆਤਮਕ ਆਨੰਦ ਵਿਚ ਆਤਮਕ ਅਡੋਲਤਾ ਵਿਚ ਲੀਨ ਰਹਿੰਦੀਆਂ ਹਨ, ਉਹ (ਆਪਣੇ ਅੰਦਰੋਂ ਸਾਰੇ) ਪਾਪ ਦੂਰ ਕਰ ਲੈਂਦੀਆਂ ਹਨ ।

ਨਾਨਕ ਬੇਨਤੀ ਕਰਦਾ ਹੈ—ਜੇਹੜੀਆਂ ਜੀਵ-ਇਸਤ੍ਰੀਆਂ (ਸਾਧ ਸੰਗਤਿ ਵਿਚ) ਪ੍ਰੇਮ ਨਾਲ ਮਿਲ ਕੇ ਰਹਿੰਦੀਆਂ ਹਨ, ਪ੍ਰਭੂ ਦਾ ਨਾਮ ਜਿਨ੍ਹਾਂ ਦੀ ਜ਼ਿੰਦਗੀ ਦਾ ਸਿੰਗਾਰ ਬਣਿਆ ਰਹਿੰਦਾ ਹੈ, ਜਿਨ੍ਹਾਂ ਨੂੰ ਪ੍ਰੀਤਮ-ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਬੋਲ ਮਿੱਠੇ ਲੱਗਦੇ ਹਨ, ਚੰਗੇ ਲੱਗਦੇ ਹਨ, ਉਹਨਾਂ ਦੀ (ਚਿਰਾਂ ਦੀ) ਮਨੋ-ਕਾਮਨਾ ਪੂਰੀ ਹੋ ਜਾਂਦੀ ਹੈ (ਭਾਵ) ਉਹਨਾਂ ਨੂੰ ਮੁੱਢ-ਕਦੀਮਾਂ ਦਾ ਪਤੀ-ਪ੍ਰਭੂ ਮਿਲ ਪੈਂਦਾ ਹੈ ।੩।

ਤਿਤੁ ਗ੍ਰਿਹਿ ਸੋਹਿਲੜੇ ਕੋਡ ਅਨੰਦਾ ॥ ਮਨਿ ਤਨਿ ਰਵਿ ਰਹਿਆ ਪ੍ਰਭ ਪਰਮਾਨੰਦਾ ॥ ਹਰਿ ਕੰਤ ਅਨੰਤ ਦਇਆਲ ਸ੍ਰੀਧਰ ਗੋਬਿੰਦ ਪਤਿਤ ਉਧਾਰਣੋ ॥ ਪ੍ਰਭਿ ਕ੍ਰਿਪਾ ਧਾਰੀ ਹਰਿ ਮੁਰਾਰੀ ਭੈ ਸਿੰਧੁ ਸਾਗਰ ਤਾਰਣੋ ॥ ਜੋ ਸਰਣਿ ਆਵੈ ਤਿਸੁ ਕੰਠਿ ਲਾਵੈ ਇਹੁ ਬਿਰਦੁ ਸੁਆਮੀ ਸੰਦਾ ॥ ਬਿਨਵੰਤਿ ਨਾਨਕ ਹਰਿ ਕੰਤੁ ਮਿਲਿਆ ਸਦਾ ਕੇਲ ਕਰੰਦਾ ॥੪॥੧॥੪॥
{ਪੰਨਾ 544}

ਪਦਅਰਥ:- ਤਿਤੁ—ਉਸ ਵਿਚ । ਗ੍ਰਿਹਿ—ਘਰ ਵਿਚ । ਤਿਤੁ ਗ੍ਰਿਹਿ—ਉਸ ਹਿਰਦੇ-ਘਰ ਵਿਚ । ਸੋਹਿਲੜੇ—ਖ਼ੁਸ਼ੀ ਦੇ ਗੀਤ । ਕੋਡ—ਕੌਤਕ, ਤਮਾਸ਼ੇ । ਮਨਿ—ਮਨ ਵਿਚ । ਤਨਿ—ਸਰੀਰ ਵਿਚ, ਹਿਰਦੇ ਵਿਚ । ਰਵਿ ਰਹਿਆ—ਆ ਵੱਸਿਆ । ਪਰਮਾਨੰਦਾ—ਸਭ ਤੋਂ ਉੱਚੇ ਆਨੰਦ ਦਾ ਮਾਲਕ । ਅਨੰਤ—ਬੇਅੰਤ । ਦਇਆਲ—ਦਇਆ ਦਾ ਘਰ । ਸ੍ਰੀਧਰ—{ਸ੍ਰੀ-ਲੱਛਮੀ} ਮਾਇਆ ਦਾ ਪਤੀ । ਪਤਿਤ ਉਧਾਰਣੋ—ਵਿਕਾਰੀਆਂ ਨੂੰ ਵਿਕਾਰਾਂ ਤੋਂ ਬਚਾਣ ਵਾਲਾ । ਪ੍ਰਭਿ—ਪ੍ਰਭੂ ਨੇ । ਭੈ—{ਲਫ਼ਜ਼ 'ਭਉ' ਤੋਂ ਬਹੁ-ਵਚਨ} । ਸਿੰਧੁ—ਸਮੁੰਦਰ । ਸਾਗਰ—ਸਮੁੰਦਰ । ਕੰਠਿ—ਗਲ ਨਾਲ । ਬਿਰਦੁ—ਮੁੱਢ-ਕਦੀਮਾਂ ਦਾ ਸੁਭਾਉ । ਸੰਦਾ—ਦਾ । ਕੇਲ—ਚੋਜ-ਤਮਾਸ਼ੇ । ਕਰੰਦਾ—ਕਰਨ ਵਾਲਾ ।੪।

ਅਰਥ:- ਸਭ ਤੋਂ ਸ੍ਰੇਸ਼ਟ ਆਨੰਦ ਦਾ ਮਾਲਕ-ਪ੍ਰਭੂ ਜਿਸ ਮਨ ਵਿਚ ਜਿਸ ਹਿਰਦੇ ਵਿਚ ਆ ਵੱਸਦਾ ਹੈ, ਉਸ ਹਿਰਦੇ-ਘਰ ਵਿਚ (ਮਾਨੋ) ਖ਼ੁਸੀ ਦੇ ਗੀਤ (ਗਾਏ ਜਾ ਰਹੇ ਹਨ) ਕੌਤਕ-ਤਮਾਸ਼ੇ (ਹੋ ਰਹੇ ਹਨ), ਆਨੰਦ (ਹੋ ਰਹੇ ਹਨ) । ਪ੍ਰਭੂ-ਪਤੀ ਬੇਅੰਤ ਹੈ, ਸਦਾ ਦਇਆ ਦਾ ਘਰ ਹੈ, ਲੱਛਮੀ ਦਾ ਆਸਰਾ ਹੈ, ਸ੍ਰਿਸ਼ਟੀ ਦੀ ਸਾਰ ਲੈਣ ਵਾਲਾ ਹੈ, ਵਿਕਾਰੀਆਂ ਨੂੰ ਵਿਕਾਰਾਂ ਤੋਂ ਬਚਾਣ ਵਾਲਾ ਹੈ । ਉਸ ਮੁਰਾਰੀ ਪ੍ਰਭੂ ਨੇ ਜਿਸ ਜੀਵ ਉੱਤੇ ਮੇਹਰ ਦੀ ਨਿਗਾਹ ਕਰ ਦਿੱਤੀ, ਉਸ ਜੀਵ ਨੂੰ ਅਨੇਕਾਂ ਸਹਿਮਾਂ-ਭਰੇ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲਿਆ ।

ਨਾਨਕ ਬੇਨਤੀ ਕਰਦਾ ਹੈ—ਮਾਲਕ-ਪ੍ਰਭੂ ਦਾ ਇਹ ਮੁੱਢ-ਕਦੀਮਾਂ ਦਾ ਸੁਭਾਉ ਹੈ ਕਿ ਜੇਹੜਾ ਜੀਵ ਉਸ ਦੀ ਸਰਨ ਆਉਂਦਾ ਹੈ ਉਸ ਨੂੰ ਉਹ ਆਪਣੇ ਗਲ ਨਾਲ ਲਾ ਲੈਂਦਾ ਹੈ, ਤੇ ਉਹ ਸਦਾ ਚੋਜ-ਤਮਾਸ਼ੇ ਕਰਨ ਵਾਲਾ ਪ੍ਰਭੂ (ਉਸ ਸਰਨ ਆਏ ਨੂੰ) ਮਿਲ ਪੈਂਦਾ ਹੈ ।੪।੧।੪।

ਬਿਹਾਗੜਾ ਮਹਲਾ ੫ ॥ ਹਰਿ ਚਰਣ ਸਰੋਵਰ ਤਹ ਕਰਹੁ ਨਿਵਾਸੁ ਮਨਾ ॥ ਕਰਿ ਮਜਨੁ ਹਰਿ ਸਰੇ ਸਭਿ ਕਿਲਬਿਖ ਨਾਸੁ ਮਨਾ ॥ ਕਰਿ ਸਦਾ ਮਜਨੁ ਗੋਬਿੰਦ ਸਜਨੁ ਦੁਖ ਅੰਧੇਰਾ ਨਾਸੇ ॥ ਜਨਮ ਮਰਣੁ ਨ ਹੋਇ ਤਿਸ ਕਉ ਕਟੈ ਜਮ ਕੇ ਫਾਸੇ ॥ ਮਿਲੁ ਸਾਧਸੰਗੇ ਨਾਮ ਰੰਗੇ ਤਹਾ ਪੂਰਨ ਆਸੋ ॥ ਬਿਨਵੰਤਿ ਨਾਨਕ ਧਾਰਿ ਕਿਰਪਾ ਹਰਿ ਚਰਣ ਕਮਲ ਨਿਵਾਸੋ ॥੧॥ {ਪੰਨਾ 544-545}

ਪਦਅਰਥ:- ਸਰ—ਤਾਲਾਬ । ਸਰੋਵਰ—ਸ੍ਰੇਸ਼ਟ ਤਾਲਾਬ । ਤਹ—ਉੱਥੇ । ਮਨਾ—ਹੇ ਮਨ! ਮਜਨੁ—ਇਸ਼ਨਾਨ । ਸਰੇ—ਸਰਿ, ਸਰ ਵਿਚ । ਹਰਿ ਸਰੇ—ਪਰਮਾਤਮਾ (ਦੀ ਸਿਫ਼ਤਿ-ਸਾਲਾਹ) ਦੇ ਸਰ ਵਿਚ । ਸਭਿ—ਸਾਰੇ । ਕਿਲਬਿਖ—ਪਾਪ । ਸਜਨੁ—ਮਿੱਤਰ । ਨਾਸੇ—ਨਾਸ ਕਰ ਦੇਂਦਾ ਹੈ । ਕਉ—ਨੂੰ । ਕਟੈ—ਕੱਟ ਦੇਂਦਾ ਹੈ । ਫਾਸੇ—ਫਾਹੀਆਂ । ਰੰਗੇ—ਰੰਗਿ, ਪ੍ਰੇਮ ਵਿਚ । ਤਹਾ—ਉਸ (ਸਾਧ ਸੰਗਤਿ) ਵਿਚ । ਹਰਿ—ਹੇ ਹਰੀ! ।੧।

ਅਰਥ:- ਹੇ ਮੇਰੇ ਮਨ! ਪਰਮਾਤਮਾ ਦੇ ਚਰਨ (ਮਾਨੋ) ਸੁੰਦਰ ਤਾਲਾਬ ਹੈ, ਉਸ ਵਿਚ ਤੂੰ (ਸਦਾ) ਟਿਕਿਆ ਰਹੁ । ਹੇ ਮਨ! ਪਰਮਾਤਮਾ (ਦੀ ਸਿਫ਼ਤਿ-ਸਾਲਾਹ) ਦੇ ਤਾਲਾਬ ਵਿਚ ਇਸ਼ਨਾਨ ਕਰਿਆ ਕਰ, ਤੇਰੇ ਸਾਰੇ ਪਾਪਾਂ ਦਾ ਨਾਸ ਹੋ ਜਾਇਗਾ । ਹੇ ਮਨ! ਸਦਾ (ਹਰਿ-ਸਰ ਵਿਚ) ਇਸ਼ਨਾਨ ਕਰਦਾ ਰਿਹਾ ਕਰ । (ਜੇਹੜਾ ਮਨੁੱਖ ਇਹ ਇਸ਼ਨਾਨ ਕਰਦਾ ਹੈ) ਮਿੱਤਰ ਪ੍ਰਭੂ ਉਸ ਦੇ ਸਾਰੇ ਦੁੱਖ ਨਾਸ ਕਰ ਦੇਂਦਾ ਹੈ ਉਸ ਦਾ ਮੋਹ ਦਾ ਹਨੇਰਾ ਦੂਰ ਕਰ ਦੇਂਦਾ ਹੈ । ਉਸ ਮਨੁੱਖ ਨੂੰ ਜਨਮ-ਮਰਨ ਦਾ ਗੇੜ ਨਹੀਂ ਭੁਗਤਣਾ ਪੈਂਦਾ, ਮਿੱਤਰ-ਪ੍ਰਭੂ ਉਸ ਦੀਆਂ ਜਮ ਦੀਆਂ ਫਾਹੀਆਂ (ਆਤਮਕ ਮੌਤ ਲਿਆਉਣ ਵਾਲੀਆਂ

ਫਾਹੀਆਂ) ਕੱਟ ਦੇਂਦਾ ਹੈ । ਹੇ ਮਨ! ਸਾਧ ਸੰਗਤਿ ਵਿਚ ਮਿਲ, ਪਰਮਾਤਮਾ ਦੇ ਨਾਮ-ਰੰਗ ਵਿਚ ਜੁੜਿਆ ਕਰ, ਸਾਧ ਸੰਗਤਿ ਵਿਚ ਹੀ ਤੇਰੀ ਹਰੇਕ ਆਸ ਪੂਰੀ ਹੋਵੇਗੀ ।

ਨਾਨਕ ਬੇਨਤੀ ਕਰਦਾ ਹੈ—ਹੇ ਹਰੀ! ਕਿਰਪਾ ਕਰ, ਤੇਰੇ ਸੋਹਣੇ ਕੋਮਲ ਚਰਨਾਂ ਵਿਚ ਮੇਰਾ ਮਨ ਸਦਾ ਟਿਕਿਆ ਰਹੇ ।੧।

ਤਹ ਅਨਦ ਬਿਨੋਦ ਸਦਾ ਅਨਹਦ ਝੁਣਕਾਰੋ ਰਾਮ ॥ ਮਿਲਿ ਗਾਵਹਿ ਸੰਤ ਜਨਾ ਪ੍ਰਭ ਕਾ ਜੈਕਾਰੋ ਰਾਮ ॥ ਮਿਲਿ ਸੰਤ ਗਾਵਹਿ ਖਸਮ ਭਾਵਹਿ ਹਰਿ ਪ੍ਰੇਮ ਰਸ ਰੰਗਿ ਭਿੰਨੀਆ ॥ ਹਰਿ ਲਾਭੁ ਪਾਇਆ ਆਪੁ ਮਿਟਾਇਆ ਮਿਲੇ ਚਿਰੀ ਵਿਛੁੰਨਿਆ ॥ ਗਹਿ ਭੁਜਾ ਲੀਨੇ ਦਇਆ ਕੀਨ੍ਹੇ ਪ੍ਰਭ ਏਕ ਅਗਮ ਅਪਾਰੋ ॥ ਬਿਨਵੰਤਿ ਨਾਨਕ ਸਦਾ ਨਿਰਮਲ ਸਚੁ ਸਬਦੁ ਰੁਣ ਝੁਣਕਾਰੋ ॥੨॥ {ਪੰਨਾ 545}

ਪਦਅਰਥ:- ਤਹ—ਉੱਥੇ, ਸਾਧ ਸੰਗਤਿ ਵਿਚ । ਬਿਨੋਦ—ਖ਼ੁਸ਼ੀਆਂ । ਅਨਹਦ—ਇਕ-ਰਸ, ਲਗਾਤਾਰ । ਝੁਣਕਾਰੋ—(ਵੱਜ ਰਹੇ ਸਾਜਾਂ ਦੀ) ਮੱਠੀ ਮੱਠੀ ਆਵਾਜ਼ । ਮਿਲਿ—ਮਿਲ ਕੇ । ਜੈਕਾਰੋ—ਸਿਫ਼ਤਿ-ਸਾਲਾਹ । ਖਸਮ ਭਾਵਹਿ—ਖਸਮ ਨੂੰ ਪਿਆਰੇ ਲੱਗਦੇ ਹਨ । ਰੰਗਿ—ਰੰਗ ਵਿਚ । ਭਿੰਨੀਆ—ਭਿੱਜੀ ਰਹਿੰਦੀ ਹੈ । ਆਪੁ—ਆਪਾ-ਭਾਵ, ਅਹੰਕਾਰ । ਚਿਰੀ ਵਿਛੁੰਨਿਆ—ਚਿਰਾਂ ਦੇ ਵਿਛੁੱੜੇ ਹੋਏ । ਗਹਿ—ਫੜ ਕੇ । ਭੁਜਾ—ਬਾਂਹ । ਅਗਮ—ਅਪਹੁੰਚ । ਅਪਾਰੋ—ਬੇਅੰਤ । ਸਚੁ ਸਬਦੁ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ । ਰੁਣਝੁਣਕਾਰੋ—ਮਿੱਠੀ ਸੁਰੀਲੀ ਮੱਧਮ ਆਵਾਜ਼ ।੨।

ਅਰਥ:- ਸਾਧ ਸੰਗਤਿ ਵਿਚ ਸਦਾ ਆਤਮਕ ਆਨੰਦ ਤੇ ਖ਼ੁਸ਼ੀਆਂ ਦੀ (ਮਾਨੋ) ਇਕ-ਰਸ ਰੌ ਚਲੀ ਰਹਿੰਦੀ ਹੈ । ਸਾਧ ਸੰਗਤਿ ਵਿਚ ਸੰਤ ਜਨ ਮਿਲ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦੇ ਰਹਿੰਦੇ ਹਨ । ਸੰਤ ਜਨ ਸਿਫ਼ਤਿ-ਸਾਲਾਹ ਦੇ ਗੀਤ ਗਾਂਦੇ ਹਨ, ਉਹ ਖ਼ਸਮ-ਪ੍ਰਭੂ ਨੂੰ ਪਿਆਰੇ ਲੱਗਦੇ ਹਨ, ਉਹਨਾਂ ਦੀ ਸੁਰਤਿ ਪਰਮਾਤਮਾ ਦੇ ਪ੍ਰੇਮ-ਰਸ ਦੇ ਰੰਗ ਵਿਚ ਭਿੱਜੀ ਰਹਿੰਦੀ ਹੈ । ਉਹ (ਇਸ ਮਨੁੱਖਾ ਜਨਮ ਵਿਚ) ਪਰਮਾਤਮਾ ਦੇ ਨਾਮ ਦੀ ਖੱਟੀ ਖੱਟਦੇ ਹਨ, (ਆਪਣੇ ਅੰਦਰੋਂ) ਆਪਾ-ਭਾਵ ਮਿਟਾ ਲੈਂਦੇ ਹਨ, ਚਿਰਾਂ ਤੋਂ ਵਿਛੁੜੇ ਹੋਏ (ਮੁੜ ਪਰਮਾਤਮਾ ਨੂੰ) ਮਿਲ ਪੈਂਦੇ ਹਨ । ਅਪਹੁੰਚ ਤੇ ਬੇਅੰਤ ਪਰਮਾਤਮਾ ਉਹਨਾਂ ਉਤੇ ਦਇਆ ਕਰਦਾ ਹੈ, (ਉਹਨਾਂ ਦੀ) ਬਾਂਹ ਫੜ ਕੇ (ਉਹਨਾਂ ਨੂੰ) ਆਪਣੇ ਬਣਾ ਲੈਂਦਾ ਹੈ । ਨਾਨਕ ਬੇਨਤੀ ਕਰਦਾ ਹੈ—ਉਹ ਸੰਤ ਜਨ ਸਦਾ ਲਈ ਪਵਿਤ੍ਰ ਜੀਵਨ ਵਾਲੇ ਹੋ ਜਾਂਦੇ ਹਨ, ਪਰਮਾਤਮਾ ਦੀ ਸਿਫ਼ਤਿ ਸਾਲਾਹ ਦੀ ਬਾਣੀ ਉਹਨਾਂ ਦੇ ਅੰਦਰ ਮਿੱਠੀ ਮਿੱਠੀ ਰੌ ਚਲਾਈ ਰੱਖਦੀ ਹੈ ।੨।

ਸੁਣਿ ਵਡਭਾਗੀਆ ਹਰਿ ਅੰਮ੍ਰਿਤ ਬਾਣੀ ਰਾਮ ॥ ਜਿਨ ਕਉ ਕਰਮਿ ਲਿਖੀ ਤਿਸੁ ਰਿਦੈ ਸਮਾਣੀ ਰਾਮ ॥ ਅਕਥ ਕਹਾਣੀ ਤਿਨੀ ਜਾਣੀ ਜਿਸੁ ਆਪਿ ਪ੍ਰਭੁ ਕਿਰਪਾ ਕਰੇ ॥ ਅਮਰੁ ਥੀਆ ਫਿਰਿ ਨ ਮੂਆ ਕਲਿ ਕਲੇਸਾ ਦੁਖ ਹਰੇ ॥ ਹਰਿ ਸਰਣਿ ਪਾਈ ਤਜਿ ਨ ਜਾਈ ਪ੍ਰਭ ਪ੍ਰੀਤਿ ਮਨਿ ਤਨਿ ਭਾਣੀ ॥ ਬਿਨਵੰਤਿ ਨਾਨਕ ਸਦਾ ਗਾਈਐ ਪਵਿਤ੍ਰ ਅੰਮ੍ਰਿਤ ਬਾਣੀ ॥੩॥ {ਪੰਨਾ 545}

ਪਦਅਰਥ:- ਅੰਮ੍ਰਿਤ—ਆਤਮਕ ਜੀਵਨ ਦੇਣ ਵਾਲੀ । ਜਿਨ੍ ਕਉ—ਜਿਨ੍ਹਾਂ ਦੇ ਮੱਥੇ ਉਤੇ । ਕਰਮਿ—(ਪਰਮਾਤਮਾ ਦੀ) ਬਖ਼ਸ਼ਸ਼ ਨਾਲ । ਤਿਸੁ ਰਿਦੈ—ਉਸ ਉਸ ਮਨੁੱਖ ਦੇ ਹਿਰਦੇ ਵਿਚ । {ਨੋਟ:- ਲਫ਼ਜ਼ 'ਜਿਨ੍' ਬਹੁ-ਵਚਨ ਹੈ, ਲਫ਼ਜ਼ 'ਤਿਸੁ' ਇਕ-ਵਚਨ ਹੈ । ਦੋਹਾਂ ਦਾ ਮੇਲ ਠੀਕ ਕਰਨ ਲਈ 'ਤਿਸੁ' ਦਾ ਅਰਥ 'ਤਿਸੁ ਤਿਸੁ' ਕਰਨਾ ਹੈ} । ਅਕਥ—ਜਿਸ ਦਾ ਸਰੂਪ ਬਿਆਨ ਨਾਹ ਕੀਤਾ ਜਾ ਸਕੇ । ਜਿਸੁ—ਜਿਸ ਜਿਸ ਉਤੇ । ਅਮਰੁ—ਅਟੱਲ ਆਤਮਕ ਜੀਵਨ ਵਾਲਾ । ਨਾ ਮੂਆ—ਆਤਮਕ ਮੌਤ ਦੇ ਕਾਬੂ ਨਹੀਂ ਆਉਂਦਾ । ਕਲਿ—ਝਗੜੇ । ਹਰੇ—ਦੂਰ ਕਰ ਲੈਂਦਾ ਹੈ । ਤਜਿ—ਛੱਡ ਕੇ । ਮਨਿ—ਮਨ ਵਿਚ । ਤਨਿ—ਹਿਰਦੇ ਵਿਚ । ਭਾਣੀ—ਪਿਆਰੀ ਲੱਗੀ । ਗਾਈਐ—ਗਾਣੀ ਚਾਹੀਦੀ ਹੈ ।੩।

ਅਰਥ:- ਹੇ ਭਾਗਾਂ ਵਾਲੇ! ਆਤਮਕ ਜੀਵਨ ਦੇਣ ਵਾਲੀ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਸਦਾ ਸੁਣਿਆ ਕਰ । ਇਹ ਬਾਣੀ ਉਸ ਉਸ (ਵਡ-ਭਾਗੀ) ਦੇ ਹਿਰਦੇ ਵਿਚ ਵੱਸਦੀ ਹੈ ਜਿਨ੍ਹਾਂ ਦੇ ਮੱਥੇ ਉਤੇ ਪਰਮਾਤਮਾ ਦੀ ਬਖ਼ਸ਼ਸ਼ ਨਾਲ ਇਸ ਦੀ ਪ੍ਰਾਪਤੀ ਦਾ ਲੇਖ ਲਿਖਿਆ ਹੁੰਦਾ ਹੈ । ਜਿਸ ਜਿਸ ਮਨੁੱਖ ਉੱਤੇ ਪ੍ਰਭੂ ਆਪ ਕਿਰਪਾ ਕਰਦਾ ਹੈ ਉਹ ਬੰਦੇ ਅਕੱਥ ਪ੍ਰਭੂ ਦੀ ਸਿਫ਼ਤਿ-ਸਾਲਾਹ ਨਾਲ ਸਾਂਝ ਪਾਂਦੇ ਹਨ ।

(ਜੇਹੜਾ ਮਨੁੱਖ ਪਰਮਾਤਮਾ ਦੀ ਸਿਫ਼ਤਿ-ਸਾਲਾਹ ਨਾਲ ਸਾਂਝ ਪਾਂਦਾ ਹੈ) ਉਹ ਅਟੱਲ ਆਤਮਕ ਜੀਵਨ ਵਾਲਾ ਹੋ ਜਾਂਦਾ ਹੈ, ਉਹ ਮੁੜ ਕਦੇ ਆਤਮਕ ਮੌਤ ਨਹੀਂ ਸਹੇੜਦਾ, ਉਹ (ਆਪਣੇ ਅੰਦਰੋਂ) ਸਾਰੇ ਦੁੱਖ ਕਲੇਸ਼ ਝਗੜੇ ਦੂਰ ਕਰ ਲੈਂਦਾ ਹੈ, ਉਹ ਮਨੁੱਖ ਉਸ ਪਰਮਾਤਮਾ ਦੀ ਸਰਨ ਪ੍ਰਾਪਤ ਕਰ ਲੈਂਦਾ ਹੈ ਜੇਹੜਾ ਕਦੇ ਛੱਡ ਕੇ ਨਹੀਂ ਜਾਂਦਾ, ਉਸ ਮਨੁੱਖ ਦੇ ਮਨ ਵਿਚ, ਹਿਰਦੇ ਵਿਚ ਪ੍ਰਭੂ ਦੀ ਪ੍ਰੀਤਿ ਪਿਆਰੀ ਲੱਗਣ ਲੱਗ ਪੈਂਦੀ ਹੈ । ਨਾਨਕ ਬੇਨਤੀ ਕਰਦਾ ਹੈ—(ਹੇ ਭਾਈ!) ਆਤਮਕ ਜੀਵਨ ਦੇਣ ਵਾਲੀ ਸਿਫ਼ਤਿ-ਸਾਲਾਹ ਦੀ ਪਵਿਤ੍ਰ ਬਾਣੀ ਸਦਾ ਗਾਣੀ ਚਾਹੀਦੀ ਹੈ ।੩।

ਮਨ ਤਨ ਗਲਤੁ ਭਏ ਕਿਛੁ ਕਹਣੁ ਨ ਜਾਈ ਰਾਮ ॥ ਜਿਸ ਤੇ ਉਪਜਿਅੜਾ ਤਿਨਿ ਲੀਆ ਸਮਾਈ ਰਾਮ ॥ ਮਿਲਿ ਬ੍ਰਹਮ ਜੋਤੀ ਓਤਿ ਪੋਤੀ ਉਦਕੁ ਉਦਕਿ ਸਮਾਇਆ ॥ ਜਲਿ ਥਲਿ ਮਹੀਅਲਿ ਏਕੁ ਰਵਿਆ ਨਹ ਦੂਜਾ ਦ੍ਰਿਸਟਾਇਆ ॥ ਬਣਿ ਤ੍ਰਿਣਿ ਤ੍ਰਿਭਵਣਿ ਪੂਰਿ ਪੂਰਨ ਕੀਮਤਿ ਕਹਣੁ ਨ ਜਾਈ ॥ ਬਿਨਵੰਤਿ ਨਾਨਕ ਆਪਿ ਜਾਣੈ ਜਿਨਿ ਏਹ ਬਣਤ ਬਣਾਈ ॥੪॥੨॥੫॥ {ਪੰਨਾ 545}

ਪਦਅਰਥ:- ਗਲਤੁ—ਗ਼ਲਤਾਨ, ਮਸਤ । ਕਹਣੁ ਨ ਜਾਈ—ਬਿਆਨ ਨਹੀਂ ਕੀਤਾ ਜਾ ਸਕਦਾ । ਜਿਸ ਤੇ—ਜਿਸ (ਪਰਮਾਤਮਾ) ਤੋਂ {ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਤੇ' ਦੇ ਕਾਰਨ ਉੱਡ ਗਿਆ ਹੈ} । ਤਿਨਿ—ਉਸ (ਪਰਮਾਤਮਾ) ਨੇ । ਲੀਆ ਸਮਾਈ—ਆਪਣੇ ਵਿਚ ਮਿਲਾ ਲਿਆ । ਮਿਲਿ—ਮਿਲ ਕੇ । ਓਤਿ—ਉਣੇ ਹੋਏ ਵਿਚ । ਪੋਤੀ—ਪੋਤਿ-ਪ੍ਰੋਤੇ ਹੋਏ ਵਿਚ । ਓਤ ਪੋਤੀ—(ਕੱਪੜੇ ਦੇ) ਤਾਣੇ ਪੇਟੇ ਵਾਂਗ । ਉਦਕੁ—ਪਾਣੀ । ਉਦਕਿ—ਪਾਣੀ ਵਿਚ । ਜਲ—ਪਾਣੀ ਵਿਚ । ਥਲਿ—ਧਰਤੀ ਵਿਚ । ਮਹੀਅਲਿ—ਮਹੀ ਤਲਿ, ਧਰਤੀ ਤੇ ਤਲ ਉੱਤੇ, ਪੁਲਾੜ ਵਿਚ, ਆਕਾਸ਼ ਵਿਚ । ਜਿਨਿ—ਜਿਸ (ਪਰਮਾਤਮਾ) ਨੇ ।੪।

ਅਰਥ:- ('ਅੰਮ੍ਰਿਤ ਬਾਣੀ' ਦੀ ਬਰਕਤਿ ਨਾਲ ਮਨੁੱਖ ਦਾ) ਮਨ ਤੇ ਹਿਰਦਾ (ਪਰਮਾਤਮਾ ਦੀ ਯਾਦ

ਵਿਚ ਇਸ ਤਰ੍ਹਾਂ) ਮਸਤ ਹੋ ਜਾਂਦਾ ਹੈ ਕਿ (ਇਸ ਦੀ ਬਾਬਤ) ਕੁਝ ਦੱਸਿਆ ਨਹੀਂ ਜਾ ਸਕਦਾ, (ਬੱਸ! ਇਹ ਹੀ ਕਿਹਾ ਜਾ ਸਕਦਾ ਹੈ ਕਿ) ਜਿਸ ਪਰਮਾਤਮਾ ਤੋਂ ਉਹ ਪੈਦਾ ਹੋਇਆ ਸੀ ਉਸ ਨੇ (ਉਸ ਨੂੰ) ਆਪਣੇ ਵਿਚ ਮਿਲਾ ਲਿਆ। ਤਾਣੇ ਪੇਟੇ ਵਾਂਗ ਪਰਮਾਤਮਾ ਦੀ ਜੋਤਿ ਵਿਚ ਮਿਲ ਕੇ (ਉਹ ਇਉਂ ਹੋ ਗਿਆ ਜਿਵੇਂ) ਪਾਣੀ ਵਿਚ ਪਾਣੀ ਮਿਲ ਜਾਂਦਾ ਹੈ। (ਫਿਰ ਉਸ ਮਨੁੱਖ ਨੂੰ) ਪਾਣੀ ਵਿਚ, ਧਰਤੀ ਵਿਚ, ਆਕਾਸ਼ ਵਿਚ, ਇਕ ਪਰਮਾਤਮਾ ਹੀ ਮੌਜੂਦ ਦਿੱਸਦਾ ਹੈ (ਉਸ ਤੋਂ ਬਿਨਾ) ਕੋਈ ਹੋਰ ਨਹੀਂ ਦਿੱਸਦਾ। ਉਸ ਮਨੁੱਖ ਨੂੰ ਪਰਮਾਤਮਾ ਜੰਗਲ ਵਿਚ, ਘਾਹ (ਦੇ ਹਰੇਕ ਤੀਲੇ) ਵਿਚ, ਸਾਰੇ ਸੰਸਾਰ ਵਿਚ ਵਿਆਪਕ ਜਾਪਦਾ ਹੈ (ਉਸ ਮਨੁੱਖ ਦੀ ਆਤਮਕ ਅਵਸਥਾ ਦਾ) ਮੁੱਲ ਬਿਆਨ ਨਹੀਂ ਕੀਤਾ ਜਾ ਸਕਦਾ। ਨਾਨਕ ਬੇਨਤੀ ਕਰਦਾ ਹੈ—ਜਿਸ ਪਰਮਾਤਮਾ ਨੇ (ਉਸ ਮਨੁੱਖ ਦੀ ਆਤਮਕ ਅਵਸਥਾ ਦੀ) ਇਹ ਖੇਡ ਬਣਾ ਦਿੱਤੀ ਉਹ ਆਪ ਹੀ ਉਸ ਨੂੰ ਸਮਝਦਾ ਹੈ।੪।੨।੫।

ਬਿਹਾਗੜਾ ਮਹਲਾ ੫ ॥ ਖੋਜਤ ਸੰਤ ਫਿਰਹਿ ਪ੍ਰਭ ਪ੍ਰਾਣ ਅਧਾਰੇ ਰਾਮ ॥ ਤਾਣੁ ਤਨੁ ਖੀਨ ਭਇਆ ਬਿਨੁ ਮਿਲਤ ਪਿਆਰੇ ਰਾਮ ॥ ਪ੍ਰਭ ਮਿਲਹੁ ਪਿਆਰੇ ਮਇਆ ਧਾਰੇ ਕਰਿ ਦਇਆ ਲੜਿ ਲਾਇ ਲੀਜੀਐ ॥ ਦੇਹਿ ਨਾਮੁ ਅਪਨਾ ਜਪਉ ਸੁਆਮੀ ਹਰਿ ਦਰਸ ਪੇਖੇ ਜੀਜੀਐ ॥ ਸਮਰਥ ਪੂਰਨ ਸਦਾ ਨਿਹਚਲ ਊਚ ਅਗਮ ਅਪਾਰੇ ॥ ਬਿਨਵੰਤਿ ਨਾਨਕ ਧਾਰਿ ਕਿਰਪਾ ਮਿਲਹੁ ਪ੍ਰਾਨ ਪਿਆਰੇ ॥੧॥ {ਪੰਨਾ 545}

ਪਦਅਰਥ:- ਖੋਜਤ ਫਿਰਹਿ—ਲੱਭਦੇ ਫਿਰਦੇ ਹਨ। ਪ੍ਰਾਣ ਅਧਾਰੇ ਰਾਮ—ਜਿੰਦ ਦੇ ਆਸਰੇ ਪ੍ਰਭੂ ਨੂੰ। ਤਾਣੁ—ਤਾਕਤ, ਬਲ। ਤਨੁ—ਸਰੀਰ। ਖੀਨ—ਲਿੱਸਾ, ਕਮਜ਼ੋਰ। ਪ੍ਰਭ—ਹੇ ਪ੍ਰਭੂ! ਮਇਆ—ਦਇਆ। ਧਾਰੇ—ਧਾਰਿ, ਧਾਰ ਕੇ। ਲੜਿ—ਲੜ ਨਾਲ। ਜਪਉ—ਜਪਉਂ, ਮੈਂ ਜਪਾਂ। ਸੁਆਮੀ—ਹੇ ਸੁਆਮੀ! ਪੇਖੇ—ਪੇਖਿ, ਵੇਖ ਕੇ। ਜੀਜੀਐ—ਜੀਊ ਪਈਦਾ ਹੈ। ਨਿਹਚਲ—ਸਦਾ ਕਾਇਮ ਰਹਿਣ ਵਾਲੇ! ਪ੍ਰਾਨ ਪਿਆਰੇ—ਹੇ ਜਿੰਦ ਤੋਂ ਪਿਆਰੇ।੧।

ਅਰਥ:- (ਹੇ ਭਾਈ!) ਸੰਤ ਜਨ ਜਿੰਦ ਦੇ ਆਸਰੇ ਪਰਮਾਤਮਾ ਨੂੰ (ਸਦਾ) ਭਾਲਦੇ ਫਿਰਦੇ ਹਨ, ਪਿਆਰੇ ਪ੍ਰਭੂ ਨੂੰ ਮਿਲਣ ਤੋਂ ਬਿਨਾ ਉਹਨਾਂ ਦਾ ਸਰੀਰ ਲਿੱਸਾ ਪੈ ਜਾਂਦਾ ਹੈ ਉਹਨਾਂ ਦਾ ਸਰੀਰਕ ਬਲ ਘਟ ਜਾਂਦਾ ਹੈ।

ਹੇ ਪਿਆਰੇ ਪ੍ਰਭੂ! ਮੇਹਰ ਕਰ ਕੇ ਮੈਨੂੰ ਮਿਲ, ਦਇਆ ਕਰ ਕੇ ਮੈਨੂੰ ਆਪਣੇ ਲੜ ਲਾ ਲੈ। ਹੇ ਮੇਰੇ ਸੁਆਮੀ! ਮੈਨੂੰ ਆਪਣਾ ਨਾਮ ਦੇਹ, ਮੈਂ (ਤੇਰੇ ਨਾਮ ਨੂੰ ਸਦਾ) ਜਪਦਾ ਰਹਾਂ, ਤੇਰਾ ਦਰਸ਼ਨ ਕਰ ਕੇ ਮੇਰੇ ਅੰਦਰ ਆਤਮਕ ਜੀਵਨ ਪੈਦਾ ਹੋ ਜਾਂਦਾ ਹੈ। ਨਾਨਕ ਬੇਨਤੀ ਕਰਦਾ ਹੈ—ਹੇ ਸਭ ਤਾਕਤਾਂ ਦੇ ਮਾਲਕ! ਹੇ ਸਰਬ-ਵਿਆਪਕ! ਹੇ ਸਦਾ ਅਟੱਲ ਰਹਿਣ ਵਾਲੇ! ਹੇ ਸਭ ਤੋਂ ਉੱਚੇ! ਹੇ ਅਪਹੁੰਚ! ਹੇ ਬੇਅੰਤ! ਹੇ ਜਿੰਦ ਤੋਂ ਪਿਆਰੇ! ਮੇਹਰ ਕਰ ਕੇ ਮੈਨੂੰ ਆ ਮਿਲ।੧।

ਜਪ ਤਪ ਬਰਤ ਕੀਨੇ ਪੇਖਨ ਕਉ ਚਰਣਾ ਰਾਮ ॥ ਤਪਤਿ ਨ ਕਤਹਿ ਬੁਝੈ ਬਿਨੁ ਸੁਆਮੀ ਸਰਣਾ ਰਾਮ ॥ ਪ੍ਰਭ ਸਰਣਿ ਤੇਰੀ ਕਾਟਿ ਬੇਰੀ ਸੰਸਾਰੁ ਸਾਗਰੁ ਤਾਰੀਐ ॥ ਅਨਾਥ ਨਿਰਗੁਨਿ ਕਛੁ ਨ ਜਾਨਾ ਮੇਰਾ ਗੁਣੁ ਅਉਗਣੁ ਨ ਬੀਚਾਰੀਐ ॥ ਦੀਨ ਦਇਆਲ ਗੋਪਾਲ

ਪ੍ਰੀਤਮ ਸਮਰਥ ਕਾਰਣ ਕਰਣਾ ॥ ਨਾਨਕ ਚਾਤ੍ਰਿਕ ਹਰਿ ਬੂੰਦ ਮਾਗੈ ਜਪਿ ਜੀਵਾ ਹਰਿ ਹਰਿ ਚਰਣਾ ॥੨॥ {ਪੰਨਾ 545}

ਪਦਅਰਥ:- ਪੇਖਨ ਕਉ—ਵੇਖਣ ਵਾਸਤੇ । ਤਪਤਿ—ਤਪਸ਼, ਸੜਨ । ਕਤਹਿ—ਕਿਤੇ ਭੀ । ਪ੍ਰਭ—ਹੇ ਪ੍ਰਭੂ! ਬੇਰੀ—ਬੇੜੀ । ਤਾਰੀਐ—ਪਾਰ ਲੰਘਾ ਲੈ । ਅਨਾਥ—ਨਿਆਸਰਾ । ਨ ਜਾਨਾ—ਨ ਜਾਨਾਂ, ਮੈਂ ਨਹੀਂ ਜਾਣਦਾ । ਨ ਬੀਚਾਰੀਐ—ਖ਼ਿਆਲ ਵਿਚ ਨਾਹ ਲਿਆਵੀਂ । ਚਾਤ੍ਰਿਕ—ਪਪੀਹਾ । ਮਾਗੈ—ਮੰਗਦਾ ਹੈ । ਜੀਵਾ—ਜੀਵਾਂ, ਮੈਂ ਜੀਊਂਦਾ ਹਾਂ, ਮੈਂ ਆਤਮਕ ਜੀਵਨ ਹਾਸਲ ਕਰਦਾ ਹਾਂ ।੨।

ਅਰਥ:- ਪਰਮਾਤਮਾ ਦੇ ਚਰਨਾਂ ਦਾ ਦਰਸਨ ਕਰਨ ਵਾਸਤੇ ਅਨੇਕਾਂ ਜਪ ਕੀਤੇ, ਧੂਣੀਆਂ ਤਪਾਈਆਂ, ਵਰਤ ਰੱਖੇ; ਪਰ ਮਾਲਕ-ਪ੍ਰਭੂ ਦੀ ਸਰਨ ਤੋਂ ਬਿਨਾ ਕਿਤੇ ਭੀ ਮਨ ਦੀ ਤਪਸ਼ ਨਹੀਂ ਬੁੱਝਦੀ । ਹੇ ਪ੍ਰਭੂ! (ਜਪਾਂ ਤਪਾਂ ਦੇ ਆਸਰੇ ਛੱਡ ਕੇ) ਮੈਂ ਤੇਰੀ ਸਰਨ ਆਇਆ ਹਾਂ, ਮੇਰੀ ਮਾਇਆ ਦੇ ਮੋਹ ਦੀ ਬੇੜੀ ਕੱਟ ਦੇ, ਮੈਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈ । ਹੇ ਪ੍ਰਭੂ! ਮੇਰਾ ਹੋਰ ਕੋਈ ਆਸਰਾ ਨਹੀਂ, ਮੈਂ ਗੁਣ-ਹੀਨ ਹਾਂ, (ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਲਈ) ਮੈਂ ਕੋਈ ਢੰਗ ਨਹੀਂ ਜਾਣਦਾ, ਮੇਰਾ ਨਾਹ ਕੋਈ ਗੁਣ ਨਾਹ ਕੋਈ ਔਗੁਣ ਕੋਈ ਭੀ ਆਪਣੇ ਖ਼ਿਆਲ ਵਿਚ ਨਾਹ ਲਿਆਵੀਂ ।

ਹੇ ਨਾਨਕ! (ਆਖ—) ਹੇ ਦੀਨਾਂ ਉੱਤੇ ਦਇਆ ਕਰਨ ਵਾਲੇ! ਹੇ ਸ੍ਰਿਸ਼ਟੀ ਦੇ ਰਾਖੇ! ਹੇ ਪ੍ਰੀਤਮ! ਹੇ ਸਾਰੀਆਂ ਤਾਕਤਾਂ ਦੇ ਮਾਲਕ! ਹੇ ਜਗਤ ਦੇ ਮੂਲ! (ਜਿਵੇਂ) ਪਪੀਹਾ (ਵਰਖਾ ਦੀ) ਬੂੰਦ ਮੰਗਦਾ ਹੈ (ਤਿਵੇਂ ਮੈਂ ਤੇਰੇ ਨਾਮ-ਅੰਮ੍ਰਿਤ ਦੀ ਬੂੰਦ ਮੰਗਦਾ ਹਾਂ) ਤੇਰੇ ਚਰਨਾਂ ਦਾ ਧਿਆਨ ਧਰ ਧਰ ਕੇ ਮੈਨੂੰ ਆਤਮਕ ਜੀਵਨ ਪ੍ਰਾਪਤ ਹੁੰਦਾ ਹੈ ।੨।

ਅਮਿਅ ਸਰੋਵਰੋ ਪੀਉ ਹਰਿ ਹਰਿ ਨਾਮਾ ਰਾਮ ॥ ਸੰਤਹ ਸੰਗਿ ਮਿਲੈ ਜਪਿ ਪੂਰਨ ਕਾਮਾ ਰਾਮ ॥ ਸਭ ਕਾਮ ਪੂਰਨ ਦੁਖ ਬਿਦੀਰਨ ਹਰਿ ਨਿਮਖ ਮਨਹੁ ਨ ਬੀਸਰੈ ॥ ਆਨੰਦ ਅਨਦਿਨੁ ਸਦਾ ਸਾਚਾ ਸਰਬ ਗੁਣ ਜਗਦੀਸਰੈ ॥ ਅਗਣਤ ਊਚ ਅਪਾਰ ਠਾਕੁਰ ਅਗਮ ਜਾ ਕੋ ਧਾਮਾ ॥ ਬਿਨਵੰਤਿ ਨਾਨਕ ਮੇਰੀ ਇਛ ਪੂਰਨ ਮਿਲੇ ਸ੍ਰੀਰੰਗ ਰਾਮਾ ॥੩॥ {ਪੰਨਾ 546}

ਪਦਅਰਥ:- ਅਮਿਅ—ਅਮਿਉ ਦਾ, {ਲਫ਼ਜ਼ 'ਅੰਮ੍ਰਿਤ' ਤੋਂ 'ਅਮਿਉ' ਪ੍ਰਾਕ੍ਰਿਤ-ਰੂਪ ਹੈ} ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦਾ । ਸਰੋਵਰੋ—ਸੋਹਣਾ ਸਰ, ਪਵਿਤ੍ਰ ਤਾਲਾਬ । ਪੀਉ—ਪੀਂਦੇ ਰਿਹਾ ਕਰੋ । ਸੰਗਿ—ਸੰਗਤਿ ਵਿਚ । ਮਿਲੈ—ਮਿਲਦਾ ਹੈ । ਜਪਿ—ਜਪ ਕੇ ।

ਬਿਦੀਰਨ—ਨਾਸ ਕਰਨ ਵਾਲਾ । ਨਿਮਖ—ਅੱਖ ਝਮਕਣ ਜਿਤਨਾ ਸਮਾ । ਮਨਹੁ—ਮਨ ਤੋਂ । ਬੀਸਰੈ—ਭੁੱਲਦਾ । ਅਨਦਿਨੁ—ਹਰ ਰੋਜ਼ । ਸਾਚਾ—ਸਦਾ-ਥਿਰ ਰਹਿਣ ਵਾਲਾ । ਜਗਦੀਸਰੈ—ਜਗਤ ਦੇ ਮਾਲਕ ਵਿਚ । ਅਗਣਤ—ਅਣਗਿਣਤ । ਅਪਾਰ—ਬੇਅੰਤ । ਠਾਕੁਰ—ਮਾਲਕ । ਅਗਮ—ਅਪਹੁੰਚ । ਜਾ ਕੋ—ਜਿਸ ਦਾ । ਧਾਮਾ—ਟਿਕਾਣਾ, ਘਰ । ਸ੍ਰੀਰੰਗ—ਲੱਛਮੀ-ਪਤੀ, ਪਰਮਾਤਮਾ ।੩।

ਅਰਥ:- ਹੇ ਭਾਈ! ਪਰਮਾਤਮਾ ਦਾ ਨਾਮ ਆਤਮਕ ਜੀਵਨ ਦੇਣ ਵਾਲੇ ਜਲ ਦਾ ਪਵਿਤ੍ਰ ਤਾਲਾਬ ਹੈ, (ਇਸ ਵਿਚੋਂ) ਪੀਂਦੇ ਰਿਹਾ ਕਰੋ । (ਪਰ ਇਹ ਨਾਮ-ਜਲ) ਸੰਤ ਜਨਾਂ ਦੀ ਸੰਗਤਿ ਵਿਚ ਰਿਹਾਂ ਮਿਲਦਾ

ਹੈ । ਇਹ ਹਰਿ-ਨਾਮ ਜਪ ਕੇ ਸਾਰੇ ਕਾਰਜ ਸਿਰੇ ਚੜ੍ਹ ਜਾਂਦੇ ਹਨ । ਹੇ ਭਾਈ! ਜਗਤ ਦੇ ਮਾਲਕ ਪਰਮਾਤਮਾ ਵਿਚ ਸਾਰੇ ਹੀ ਗੁਣ ਮੌਜੂਦ ਹਨ । ਉਹ ਸਭ ਜੀਵਾਂ ਦੇ ਸਾਰੇ ਕਾਰਜ ਸਿਰੇ ਚਾੜ੍ਹਨ ਵਾਲਾ ਹੈ, ਸਭ ਦੇ ਦੁੱਖ ਨਾਸ ਕਰਨ ਵਾਲਾ ਹੈ, ਉਹ ਸਦਾ ਹੀ ਕਾਇਮ ਰਹਿਣ ਵਾਲਾ ਹੈ । ਜਿਸ ਮਨੁੱਖ ਦੇ ਮਨ ਤੋਂ ਉਹ ਪਰਮਾਤਮਾ ਅੱਖ ਝਮਕਣ ਜਿਤਨੇ ਸਮੇ ਲਈ ਭੀ ਨਹੀਂ ਵਿਸਰਦਾ, ਉਹ ਮਨੁੱਖ ਸਦਾ ਹਰ ਵੇਲੇ ਆਤਮਕ ਆਨੰਦ ਮਾਣਦਾ ਹੈ । ਹੇ ਭਾਈ! ਪਰਮਾਤਮਾ ਅਣਗਿਣਤ ਗੁਣਾਂ ਵਾਲਾ ਹੈ, ਸਭ ਤੋਂ ਉੱਚਾ ਤੇ, ਬੇਅੰਤ ਹੈ, ਸਭ ਦਾ ਮਾਲਕ ਹੈ, ਉਸ ਦਾ ਟਿਕਾਣਾ (ਨਿਰੀ ਅਕਲ ਸਿਆਣਪ ਦੇ ਆਸਰੇ) ਅਪਹੁੰਚ ਹੈ । ਨਾਨਕ ਬੇਨਤੀ ਕਰਦਾ ਹੈ—(ਹੇ ਭਾਈ!) ਮੈਨੂੰ ਲੱਛਮੀ-ਪਤੀ ਪਰਮਾਤਮਾ ਮਿਲ ਪਿਆ ਹੈ, ਮੇਰੀ (ਚਿਰਾਂ ਦੀ) ਤਾਂਘ ਪੂਰੀ ਹੋ ਗਈ ਹੈ ।੩।

ਕਈ ਕੋਟਿਕ ਜਗ ਫਲਾ ਸੁਣਿ ਗਾਵਨਹਾਰੇ ਰਾਮ ॥ ਹਰਿ ਹਰਿ ਨਾਮੁ ਜਪਤ ਕੁਲ ਸਗਲੇ ਤਾਰੇ ਰਾਮ ॥ ਹਰਿ ਨਾਮੁ ਜਪਤ ਸੋਹੰਤ ਪ੍ਰਾਣੀ ਤਾ ਕੀ ਮਹਿਮਾ ਕਿਤ ਗਨਾ ॥ ਹਰਿ ਬਿਸਰੁ ਨਾਹੀ ਪ੍ਰਾਨ ਪਿਆਰੇ ਚਿਤਵੰਤਿ ਦਰਸਨੁ ਸਦ ਮਨਾ ॥ ਸੁਭ ਦਿਵਸ ਆਏ ਗਹਿ ਕੰਠਿ ਲਾਏ ਪ੍ਰਭ ਊਚ ਅਗਮ ਅਪਾਰੇ ॥ ਬਿਨਵੰਤਿ ਨਾਨਕ ਸਫਲੁ ਸਭੁ ਕਿਛੁ ਪ੍ਰਭ ਮਿਲੇ ਅਤਿ ਪਿਆਰੇ ॥੪॥੩॥੬॥ {ਪੰਨਾ 546}

ਪਦਅਰਥ:- ਕੋਟਿਕ—ਕ੍ਰੋੜਾਂ । ਸੁਣਿ—ਸੁਣਿ ਕੇ । ਜਪਤ—ਜਪਦਿਆਂ । ਸਗਲੇ—ਸਾਰੇ । ਸੋਹੰਤ—ਸੋਹਣੇ ਜੀਵਨ ਵਾਲੇ ਬਣ ਜਾਂਦੇ ਹਨ । ਤਾ ਕੀ—ਉਹਨਾਂ ਦੀ । ਮਹਿਮਾ—ਵਡਿਆਈ । ਕਿਤ—ਕਿਤਨੀ? ਗਨਾ—ਗਨਾਂ, ਮੈਂ ਗਿਣਾਂ । ਸਦ—ਸਦਾ । ਸੁਭ—ਭਲੇ, ਭਾਗਾਂ ਵਾਲੇ । ਦਿਵਸ—ਦਿਨ । ਗਹਿ—ਫੜ ਕੇ । ਕੰਠਿ—ਗਲ ਨਾਲ ।੪।

ਅਰਥ:- ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਣ ਵਾਲੇ ਮਨੁੱਖ ਪਰਮਾਤਮਾ ਦਾ ਨਾਮ ਸੁਣ ਸੁਣ ਕੇ ਕਈ ਕ੍ਰੋੜਾਂ ਜੱਗਾਂ ਦੇ ਫਲ ਪ੍ਰਾਪਤ ਕਰ ਲੈਂਦੇ ਹਨ, (ਭਾਵ, ਕ੍ਰੋੜਾਂ ਕੀਤੇ ਹੋਏ ਜੱਗ ਭੀ ਹਰਿ-ਨਾਮ ਦੇ ਟਾਕਰੇ ਤੇ ਤੁੱਛ ਹਨ) । ਪਰਮਾਤਮਾ ਦਾ ਨਾਮ ਜਪਦਿਆਂ (ਜਪਣ ਵਾਲੇ ਮਨੁੱਖ) ਆਪਣੀਆਂ ਸਾਰੀਆਂ ਕੁਲਾਂ ਭੀ ਤਾਰ ਲੈਂਦੇ ਹਨ । ਪਰਮਾਤਮਾ ਦਾ ਨਾਮ ਜਪਦਿਆਂ ਜਪਦਿਆਂ ਮਨੁੱਖ ਸੋਹਣੇ ਜੀਵਨ ਵਾਲੇ ਬਣ ਜਾਂਦੇ ਹਨ, ਉਹਨਾਂ (ਦੇ ਆਤਮਕ ਜੀਵਨ) ਦੀ ਵਡਿਆਈ ਕਿਤਨੀ ਕੁ ਮੈਂ ਦੱਸਾਂ? ਉਹ ਸਦਾ ਆਪਣੇ ਮਨਾਂ ਵਿਚ ਪਰਮਾਤਮਾ ਦਾ ਦਰਸਨ ਤਾਂਘਦੇ ਰਹਿੰਦੇ ਹਨ (ਤੇ, ਅਰਦਾਸਾਂ ਕਰਦੇ ਰਹਿੰਦੇ ਹਨ—) ਹੇ ਪ੍ਰਾਣ-ਪਿਆਰੇ! (ਸਾਡੇ ਮਨ ਤੋਂ ਕਦੇ) ਨਾਹ ਵਿੱਸਰ । ਸਭ ਤੋਂ ਉੱਚਾ ਅਪਹੁੰਚ ਤੇ ਬੇਅੰਤ ਪ੍ਰਭੂ (ਜਿਨ੍ਹਾਂ ਵਡ-ਭਾਗੀਆਂ ਨੂੰ) ਫੜ ਕੇ ਆਪਣੇ ਗਲ ਨਾਲ ਲਾ ਲੈਂਦਾ ਹੈ ਉਹਨਾਂ (ਦੀ ਜ਼ਿੰਦਗੀ) ਦੇ ਭਾਗਾਂ ਵਾਲੇ ਦਿਨ ਆ ਜਾਂਦੇ ਹਨ । ਨਾਨਕ ਬੇਨਤੀ ਕਰਦਾ ਹੈ—(ਹੇ ਭਾਈ!) ਜਿਨ੍ਹਾਂ ਮਨੁੱਖਾਂ ਨੂੰ ਬਹੁਤ ਪਿਆਰਾ ਪਰਮਾਤਮਾ ਮਿਲ ਪੈਂਦਾ ਹੈ ਉਹਨਾਂ (ਦੇ ਜੀਵਨ) ਦਾ ਹਰੇਕ ਕਾਰਜ ਸਿਰੇ ਚੜ੍ਹ ਜਾਂਦਾ ਹੈ ।੪।੩।੬।

ਬਿਹਾਗੜਾ ਮਹਲਾ ੫ ਛੰਤ ॥ ਅਨ ਕਾਏ ਰਾਤੜਿਆ ਵਾਟ ਦੁਹੇਲੀ ਰਾਮ ॥ ਪਾਪ ਕਮਾਵਦਿਆ ਤੇਰਾ ਕੋਇ ਨ ਬੇਲੀ ਰਾਮ ॥ ਕੋਏ ਨ ਬੇਲੀ ਹੋਇ ਤੇਰਾ ਸਦਾ ਪਛੋਤਾਵਹੇ ॥ ਗੁਨ ਗੁਪਾਲ ਨ ਜਪਹਿ ਰਸਨਾ ਫਿਰਿ ਕਦਹੁ ਸੇ ਦਿਹ ਆਵਹੇ ॥ ਤਰਵਰ ਵਿਛੁੰਨੇ ਨਹ ਪਾਤ

ਜੁੜਤੇ ਜਮ ਮਗਿ ਗਉਨੁ ਇਕੇਲੀ ॥ ਬਿਨਵੰਤ ਨਾਨਕ ਬਿਨੁ ਨਾਮ ਹਰਿ ਕੇ ਸਦਾ ਫਿਰਤ ਦੁਹੇਲੀ ॥੧॥

ਪਦਅਰਥ:- ਅਨਕ—{Ank, Axk} ਤੁੱਛ, ਬਹੁਤ ਨਿੱਕੀ । ਅਨਕਾਏ—ਤੁੱਛ ਪਦਾਰਥਾਂ ਵਿਚ । ਰਾਤੜਿਆ—ਹੇ ਰੱਤੇ ਹੋਏ! ਵਾਟ—(ਜੀਵਨ ਦਾ) ਰਸਤਾ । ਦੁਹੇਲੀ—ਦੁੱਖਾਂ ਭਰੀ । ਕਮਾਵਦਿਆ—ਹੇ ਕਮਾਣ ਵਾਲੇ! ਬੇਲੀ—ਸਾਥੀ । ਪਛੋਤਾਵਹੇ—ਪਛੋਤਾਵਹਿ, ਤੂੰ ਪਛੁਤਾਂਦਾ ਰਹੇਂਗਾ । ਨ ਜਪਹਿ—ਤੂੰ ਨਹੀਂ ਜਪਦਾ । ਰਸਨਾ—ਜੀਭ (ਨਾਲ) । ਸੇ ਦਿਹ—ਇਹ ਦਿਨ (ਬਹੁ-ਵਚਨ) । ਆਵਹੇ—ਆਵਹਿ, ਆਵਣਗੇ । ਪਾਤ—ਪੱਤਰ । ਤਰਵਰ—ਰੁੱਖ । ਮਗਿ—ਰਸਤੇ ਉਤੇ । ਗਉਨੁ—ਗਮਨ, ਤੋਰ ।੭।

ਅਰਥ:- ਹੇ ਤੁੱਛ ਪਦਾਰਥਾਂ (ਦੇ ਮੋਹ) ਵਿਚ ਰੱਤੇ ਹੋਏ ਮਨੁੱਖ! (ਇਸ ਮੋਹ ਦੇ ਕਾਰਨ) ਤੇਰਾ ਜੀਵਨ-ਪੰਧ ਦੁੱਖਾਂ ਨਾਲ ਭਰਦਾ ਜਾ ਰਿਹਾ ਹੈ । ਹੇ ਪਾਪ ਕਮਾਣ ਵਾਲੇ ਕੋਈ ਭੀ ਤੇਰਾ (ਸਦਾ ਦਾ) ਸਾਥੀ ਨਹੀਂ । (ਕੀਤੇ ਪਾਪਾਂ ਦੀ ਸਜ਼ਾ ਵਿਚ ਭਾਈਵਾਲ ਬਣਨ ਲਈ) ਤੇਰਾ ਕੋਈ ਭੀ ਸਾਥੀ ਨਹੀਂ ਬਣੇਗਾ, ਤੂੰ ਸਦਾ ਹੱਥ ਮਲਦਾ ਰਹਿ ਜਾਏਂਗਾ । ਤੂੰ ਆਪਣੀ ਜੀਭ ਨਾਲ ਸ੍ਰਿਸ਼ਟੀ ਦੇ ਪਾਲਕ ਪ੍ਰਭੂ ਦੇ ਗੁਣ ਨਹੀਂ ਜਪਦਾ, ਜ਼ਿੰਦਗੀ ਦੇ ਇਹ ਦਿਨ ਫਿਰ ਕਦੇ ਵਾਪਸ ਨਹੀਂ ਆਉਣਗੇ (ਜਿਵੇਂ) ਰੁੱਖਾਂ ਨਾਲੋਂ ਵਿਛੁੜੇ ਹੋਏ ਪੱਤਰ (ਮੁੜ ਰੁੱਖਾਂ ਨਾਲ) ਨਹੀਂ ਜੁੜ ਸਕਦੇ । (ਕੀਤੇ ਪਾਪਾਂ ਦੇ ਕਾਰਨ ਮਨੁੱਖ ਦੀ ਜਿੰਦ) ਆਤਮਕ ਮੌਤ ਦੇ ਰਸਤੇ ਉੱਤੇ ਇਕੱਲੀ ਹੀ ਤੁਰੀ ਜਾਂਦੀ ਹੈ । ਨਾਨਕ ਬੇਨਤੀ ਕਰਦਾ ਹੈ—ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਮਨੁੱਖ ਦੀ ਜਿੰਦ ਸਦਾ ਦੁੱਖਾਂ ਨਾਲ ਘਿਰੀ ਹੋਈ ਭਟਕਦੀ ਰਹਿੰਦੀ ਹੈ ।੧।

ਤੂੰ ਵਲਵੰਚ ਲੂਕਿ ਕਰਹਿ ਸਭ ਜਾਣੈ ਜਾਣੀ ਰਾਮ ॥ ਲੇਖਾ ਧਰਮ ਭਇਆ ਤਿਲ ਪੀੜੇ ਘਾਣੀ ਰਾਮ ॥ ਕਿਰਤ ਕਮਾਣੇ ਦੁਖ ਸਹੁ ਪਰਾਣੀ ਅਨਿਕ ਜੋਨਿ ਭ੍ਰਮਾਇਆ ॥ ਮਹਾ ਮੋਹਨੀ ਸੰਗਿ ਰਾਤਾ ਰਤਨ ਜਨਮੁ ਗਵਾਇਆ ॥ ਇਕਸੁ ਹਰਿ ਕੇ ਨਾਮ ਬਾਝਹੁ ਆਨ ਕਾਜ ਸਿਆਣੀ ॥ ਬਿਨਵੰਤ ਨਾਨਕ ਲੇਖੁ ਲਿਖਿਆ ਭਰਮਿ ਮੋਹਿ ਲੁਭਾਣੀ ॥੨॥ {ਪੰਨਾ 546}

ਪਦਅਰਥ:- ਵਲਵੰਚ—ਵਲ-ਛਲ । ਲੂਕਿ—ਲੁਕ ਕੇ । ਜਾਣੀ—ਅੰਤਰਜਾਮੀ ਪ੍ਰਭੂ । ਤਿਲ ਘਾਣੀ—ਤਿਲਾਂ ਦੀ ਘਾਣੀ (ਵਾਂਗ) । ਪੀੜੇ—ਕੋਹਲੂ ਵਿਚ ਪੀੜੇ ਜਾਂਦੇ ਹਨ । ਕਿਰਤ—ਕੀਤੇ ਹੋਏ । ਕਮਾਣੇ—ਕਮਾਏ ਹੋਏ । ਪਰਾਣੀ—ਹੇ ਪ੍ਰਾਣੀ! ਸੰਗਿ—ਨਾਲ । ਰਾਤਾ—ਮਸਤ । ਆਨ ਕਾਜ—ਹੋਰ ਕੰਮਾਂ ਵਿਚ । ਭਰਮਿ—ਭਟਕਣਾ ਵਿਚ । ਮੋਹਿ—ਮੋਹ ਵਿਚ । ਲੁਭਾਣੀ—ਫਸੀ ਹੋਈ ।੨।

ਅਰਥ:- (ਹੇ ਪ੍ਰਾਣੀ!) ਤੂੰ (ਲੋਕਾਂ ਪਾਸੋਂ) ਲੁਕ ਲੁਕ ਕੇ ਵਲ-ਛਲ ਕਰਦਾ ਰਹਿੰਦਾ ਹੈਂ, ਪਰ ਅੰਤਰਜਾਮੀ ਪਰਮਾਤਮਾ ਤੇਰੀ ਹਰੇਕ ਕਰਤੂਤ ਨੂੰ ਜਾਣਦਾ ਹੈ । ਜਦੋਂ ਧਰਮਰਾਜ ਦਾ ਹਿਸਾਬ ਹੁੰਦਾ ਹੈ ਤਾਂ (ਮੰਦੇ ਕਰਮ ਕਰਨ ਵਾਲੇ ਇਉਂ) ਪੀੜੇ ਜਾਂਦੇ ਹਨ ਜਿਵੇਂ ਤਿਲ (ਘਾਣੀ ਵਿਚ) ਪੀੜੇ ਜਾਂਦੇ ਹਨ । ਹੇ ਪ੍ਰਾਣੀ! ਆਪਣੇ ਕੀਤੇ ਕਮਾਏ ਕਰਮਾਂ ਅਨੁਸਾਰ ਤੂੰ ਭੀ ਦੁੱਖ ਸਹਾਰ । (ਮੰਦ-ਕਰਮੀ-ਜੀਵ) ਅਨੇਕਾਂ ਜੂਨਾਂ ਵਿਚ ਭਵਾਇਆ ਜਾਂਦਾ ਹੈ । ਜੇਹੜਾ ਮਨੁੱਖ ਸਦਾ ਇਸ ਵੱਡੀ ਮੋਹ ਲੈਣ ਵਾਲੀ ਮਾਇਆ ਦੇ ਨਾਲ ਹੀ ਮਸਤ ਰਹਿੰਦਾ ਹੈ ਉਹ ਸ੍ਰੇਸ਼ਟ ਮਨੁੱਖਾ ਜਨਮ ਗਵਾ ਲੈਂਦਾ ਹੈ । ਨਾਨਕ ਬੇਨਤੀ ਕਰਦਾ ਹੈ—(ਹੇ ਜਿੰਦੇ!) ਇਕ ਪਰਮਾਤਮਾ ਦੇ ਨਾਮ ਤੋਂ ਬਗ਼ੈਰ ਤੂੰ ਹੋਰ ਸਾਰੇ ਕੰਮਾਂ ਵਿਚ ਸਿਆਣੀ (ਬਣੀ ਫਿਰਦੀ ਹੈਂ । ਤੇਰੇ ਮੱਥੇ ਉਤੇ ਮਾਇਆ ਦੇ ਮੋਹ ਦਾ ਹੀ) ਲੇਖ ਲਿਖਿਆ ਜਾ ਰਿਹਾ ਹੈ (ਤਾਹੀਏਂ ਤੂੰ) ਮਾਇਆ ਦੀ ਭਟਕਣਾ ਵਿਚ ਮਾਇਆ ਦੇ ਮੋਹ ਵਿਚ ਫਸੀ ਰਹਿੰਦੀ ਹੈਂ ।੨।

ਬੀਚੁ ਨ ਕੋਇ ਕਰੇ ਅਕ੍ਰਿਤਘਣੁ ਵਿਛੁੜਿ ਪਇਆ ॥ ਆਏ ਖਰੇ ਕਠਿਨ ਜਮਕੰਕਰਿ ਪਕੜਿ ਲਇਆ ॥ ਪਕੜੇ ਚਲਾਇਆ ਅਪਣਾ ਕਮਾਇਆ ਮਹਾ ਮੋਹਨੀ ਰਾਤਿਆ ॥ ਗੁਨ ਗੋਵਿੰਦ ਗੁਰਮੁਖਿ ਨ ਜਪਿਆ ਤਪਤ ਥੰਮ੍ ਗਲਿ ਲਾਤਿਆ ॥ ਕਾਮ ਕ੍ਰੋਧਿ ਅਹੰਕਾਰਿ ਮੂਠਾ ਖੋਇ ਗਿਆਨੁ ਪਛੁਤਾਪਿਆ ॥ ਬਿਨਵੰਤ ਨਾਨਕ ਸੰਜੋਗਿ ਭੂਲਾ ਹਰਿ ਜਾਪੁ ਰਸਨ ਨ ਜਾਪਿਆ ॥੩॥ {ਪੰਨਾ 546}

ਪਦਅਰਥ:- ਬੀਚੁ—ਵਿਚੋਲਾ-ਪਨ । ਅਕ੍ਰਿਤਘਣੁ—{øq%n} ਕੀਤੀ ਭਲਾਈ ਨੂੰ ਨਾਹ ਜਾਣਨ ਵਾਲਾ, ਨਾ-ਸ਼ੁਕਰਾ । ਖਰੇ—ਬਹੁਤ । ਕਠਿਨ—ਨਿਰਦਈ । ਜਮ ਕੰਕਰਿ—ਜਮ-ਕੰਕਰ ਨੇ; ਜਮਦੂਤ ਨੇ {ਇਕ-ਵਚਨ} । ਚਲਾਇਆ—ਅੱਗੇ ਲਾ ਲਿਆ । ਰਾਤਿਆ—ਰੱਤਾ ਹੋਇਆ, ਮਸਤ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਗਲਿ—ਗਲ ਨਾਲ । ਕਾਮ ਕ੍ਰੋਧ—ਕਾਮਿ ਕ੍ਰੋਧਿ, ਕਾਮ ਵਿਚ, ਕ੍ਰੋਧ ਵਿਚ । ਅਹੰਕਾਰਿ—ਅਹੰਕਾਰ ਵਿਚ । ਮੂਠਾ—ਠੱਗਿਆ ਹੋਇਆ । ਸੰਜੋਗਿ—(ਕਾਮ ਆਦਿਕ ਵਿਕਾਰਾਂ ਦੇ) ਸੰਜੋਗ ਦੇ ਕਾਰਨ । ਭੂਲਾ—ਕੁਰਾਹੇ ਪਿਆ ਰਿਹਾ । ਰਸਨ—ਜੀਭ (ਨਾਲ) ।੩।

ਅਰਥ:- ਪਰਮਾਤਮਾ ਦੇ ਕੀਤੇ ਉਪਕਾਰਾਂ ਨੂੰ ਨਾਹ ਜਾਣਨ ਵਾਲਾ ਮਨੁੱਖ ਪਰਮਾਤਮਾ ਦੇ ਚਰਨਾਂ ਤੋਂ ਵਿਛੁੜਿਆ ਰਹਿੰਦਾ ਹੈ (ਪ੍ਰਭੂ ਨਾਲ ਮੁੜ ਮਿਲਾਣ ਵਾਸਤੇ) ਕੋਈ (ਉਸ ਦਾ) ਵਿਚੋਲਾ-ਪਨ ਨਹੀਂ ਕਰਦਾ । (ਉਸ ਦੀ ਸਾਰੀ ਉਮਰ ਇਸੇ ਤਰ੍ਹਾਂ ਲੰਘ ਜਾਂਦੀ ਹੈ, ਆਖ਼ਰ) ਬੜਾ ਨਿਰਦਈ ਜਮਦੂਤ ਉਸ ਨੂੰ ਆ ਫੜਦਾ ਹੈ । (ਜਮਦੂਤ ਉਸ ਨੂੰ) ਫੜ ਕੇ ਅੱਗੇ ਲਾ ਲੈਂਦਾ ਹੈ, ਸਾਰੀ ਉਮਰ ਡਾਢੀ ਮਾਇਆ ਵਿਚ ਮਸਤ ਰਹਿਣ ਕਰਕੇ ਉਹ ਆਪਣਾ ਕੀਤਾ ਪਾਂਦਾ ਹੈ । ਗੁਰੂ ਦੀ ਸਰਨ ਪੈ ਕੇ ਉਹ ਪਰਮਾਤਮਾ ਦੇ ਗੁਣ ਕਦੇ ਯਾਦ ਨਹੀਂ ਕਰਦਾ (ਉਸ ਦੀ ਸਾਰੀ ਉਮਰ ਵਿਕਾਰਾਂ ਦੀ ਸੜਨ ਵਿਚ ਇਉਂ ਬੀਤਦੀ ਹੈ, ਜਿਵੇਂ) ਸੜਦੇ-ਬਲਦੇ ਥੰਮਾਂ ਦੇ ਗਲ ਨਾਲ ਉਸ ਨੂੰ ਲਾਇਆ ਹੋਇਆ ਹੈ । ਕਾਮ ਵਿਚ, ਕ੍ਰੋਧ ਵਿਚ, ਅਹੰਕਾਰ ਵਿਚ (ਫਸੇ ਰਹਿ ਕੇ) ਆਪਣਾ ਆਤਮਕ ਜੀਵਨ ਲੁਟਾ ਬੈਠਦਾ ਹੈ, ਆਤਮਕ ਜੀਵਨ ਦੀ ਸੂਝ ਗਵਾ ਕੇ (ਆਖ਼ਰ) ਹੱਥ ਮਲਦਾ ਹੈ । ਨਾਨਕ ਬੇਨਤੀ ਕਰਦਾ ਹੈ—ਕਾਮਾਦਿਕ ਵਿਕਾਰਾਂ ਦੇ ਸੰਜੋਗ ਦੇ ਕਾਰਨ (ਸਾਰੀ ਉਮਰ ਮਨੁੱਖ) ਕੁਰਾਹੇ ਪਿਆ ਰਹਿੰਦਾ ਹੈ, ਕਦੇ ਆਪਣੀ ਜੀਭ ਨਾਲ ਪਰਮਾਤਮਾ ਦਾ ਨਾਮ ਨਹੀਂ ਜਪਦਾ {ਨੋਟ:- ਭੂਤ ਕਾਲ ਨੂੰ ਵਰਤਮਾਨ ਕਾਲ ਵਿਚ ਅਰਥਾਇਆ ਗਿਆ ਹੈ} ।੩।

ਤੁਝ ਬਿਨੁ ਕੋ ਨਾਹੀ ਪ੍ਰਭ ਰਾਖਨਹਾਰਾ ਰਾਮ ॥ ਪਤਿਤ ਉਧਾਰਣ ਹਰਿ ਬਿਰਦੁ ਤੁਮਾਰਾ ਰਾਮ ॥ ਪਤਿਤ ਉਧਾਰਨ ਸਰਨਿ ਸੁਆਮੀ ਕ੍ਰਿਪਾ ਨਿਧਿ ਦਇਆਲਾ ॥ ਅੰਧ ਕੂਪ ਤੇ ਉਧਰੁ ਕਰਤੇ ਸਗਲ ਘਟ ਪ੍ਰਤਿਪਾਲਾ ॥ ਸਰਨਿ ਤੇਰੀ ਕਟਿ ਮਹਾ ਬੇੜੀ ਇਕੁ ਨਾਮੁ ਦੇਹਿ ਅਧਾਰਾ ॥ ਬਿਨਵੰਤ ਨਾਨਕ ਕਰ ਦੇਇ ਰਾਖਹੁ ਗੋਬਿੰਦ ਦੀਨ ਦਇਆਰਾ ॥੪॥ {ਪੰਨਾ 546}

ਪਦਅਰਥ:- ਪਤਿਤ—ਵਿਕਾਰਾਂ ਵਿਚ ਡਿੱਗੇ ਹੋਏ । ਬਿਰਦੁ—ਮੁੱਢ-ਕਦੀਮਾਂ ਦਾ ਸੁਭਾਉ । ਉਧਾਰਣ—(ਵਿਕਾਰਾਂ ਵਿਚ) ਡੁਬਦਿਆਂ ਨੂੰ ਬਚਾਣਾ । ਕ੍ਰਿਪਾਨਿਧਿ—ਹੇ ਕਿਰਪਾ ਦੇ ਖ਼ਜ਼ਾਨੇ । ਦਇਆਲਾ—ਹੇ ਦਇਆ ਦੇ ਘਰ! ਅੰਧ ਕੂਪ—ਅੰਨ੍ਹਾ ਖੂਹ । ਤੇ—ਤੋਂ । ਉਧਰੁ—(ਬਾਹਰ) ਕੱਢ ਲੈ । ਕਰਤੇ—ਹੇ ਕਰਤਾਰ! ਅਧਾਰਾ—ਆਸਰਾ । ਕਰ—ਹੱਥ {ਬਹੁ-ਵਚਨ} । ਦੇਇ—ਦੇ ਕੇ । ਦੀਨ ਦਇਆਰਾ—ਦੀਨਾਂ ਉਤੇ ਦਇਆ ਕਰਨ ਵਾਲੇ! ।੪।

ਅਰਥ:- ਹੇ ਪ੍ਰਭੂ! ਤੈਥੋਂ ਬਿਨਾ (ਵਿਕਾਰਾਂ ਦੀ ਤਪਸ਼ ਤੋਂ) ਬਚਾ ਸਕਣ ਵਾਲਾ ਹੋਰ ਕੋਈ ਨਹੀਂ ਹੈ, ਵਿਕਾਰਾਂ ਵਿਚ ਡਿੱਗੇ ਹੋਇਆਂ ਨੂੰ (ਵਿਕਾਰਾਂ ਵਿਚ ਡੁੱਬਣੋਂ) ਬਚਾਣਾ ਤੇਰਾ ਮੁੱਢ-ਕਦੀਮਾਂ ਦਾ ਸੁਭਾਉ ਹੈ। ਹੇ ਵਿਕਾਰਾਂ ਵਿਚ ਡਿੱਗੇ ਹੋਇਆਂ ਨੂੰ (ਡੁੱਬਣੋਂ) ਬਚਾਣ ਵਾਲੇ! ਹੇ ਸੁਆਮੀ! ਹੇ ਕਿਰਪਾ ਦੇ ਖ਼ਜ਼ਾਨੇ! ਹੇ ਦਇਆ ਦੇ ਘਰ! ਹੇ ਕਰਤਾਰ! ਹੇ ਸਾਰੇ ਸਰੀਰਾਂ ਦੀ ਪਾਲਣਾ ਕਰਨ ਵਾਲੇ! ਮੈਂ ਤੇਰੀ ਸਰਨ ਆਇਆ ਹਾਂ, ਮੈਨੂੰ (ਮਾਇਆ ਦੇ ਮੋਹ ਦੇ) ਅੰਨ੍ਹੇ ਖੂਹ (ਵਿਚ ਡੁੱਬਣ) ਤੋਂ ਬਚਾ ਲੈ। ਨਾਨਕ ਬੇਨਤੀ ਕਰਦਾ ਹੈ—ਹੇ ਗੋਬਿੰਦ! ਹੇ ਦੀਨਾਂ ਉਤੇ ਦਇਆ ਕਰਨ ਵਾਲੇ! ਮੈਂ ਤੇਰੀ ਸਰਨ ਆਇਆ ਹਾਂ; ਮੇਰੀ (ਮਾਇਆ ਦੇ ਮੋਹ ਦੀ) ਕਰੜੀ ਬੇੜੀ ਕੱਟ ਦੇ, ਮੈਨੂੰ ਆਪਣਾ ਨਾਮ-ਆਸਰਾ ਬਖ਼ਸ਼, ਆਪਣਾ ਹੱਥ ਦੇ ਕੇ ਮੈਨੂੰ (ਮਾਇਆ ਦੇ ਮੋਹ ਵਿਚ ਡੁੱਬਣੋਂ) ਬਚਾ ਲੈ ।੪।

ਸੋ ਦਿਨੁ ਸਫਲੁ ਗਣਿਆ ਹਰਿ ਪ੍ਰਭੂ ਮਿਲਾਇਆ ਰਾਮ ॥ ਸਭਿ ਸੁਖ ਪਰਗਟਿਆ ਦੁਖ ਦੂਰਿ ਪਰਾਇਆ ਰਾਮ ॥ ਸੁਖ ਸਹਜ ਅਨਦ ਬਿਨੋਦ ਸਦ ਹੀ ਗੁਨ ਗੁਪਾਲ ਨਿਤ ਗਾਈਐ ॥ ਭਜੁ ਸਾਧਸੰਗੇ ਮਿਲੇ ਰੰਗੇ ਬਹੁੜਿ ਜੋਨਿ ਨ ਧਾਈਐ ॥ ਗਹਿ ਕੰਠਿ ਲਾਏ ਸਹਜਿ ਸੁਭਾਏ ਆਦਿ ਅੰਕੁਰੁ ਆਇਆ ॥ ਬਿਨਵੰਤ ਨਾਨਕ ਆਪਿ ਮਿਲਿਆ ਬਹੁੜਿ ਕਤਹੂ ਨ ਜਾਇਆ ॥੫॥੪॥੭॥ {ਪੰਨਾ 547}

ਪਦਅਰਥ:- ਸਫਲੁ—ਕਾਮਯਾਬ, ਭਾਗਾਂ ਵਾਲਾ। ਗਣਿਆ—ਸਮਝਣਾ ਚਾਹੀਦਾ ਹੈ। ਸਭਿ—ਸਾਰੇ। ਦੂਰਿ ਪਰਾਇਆ—ਦੂਰ ਜਾ ਪੈਂਦੇ ਹਨ। ਸਹਜ—ਆਤਮਕ ਅਡੋਲਤਾ। ਬਿਨੋਦ—ਖ਼ੁਸ਼ੀਆਂ। ਗਾਈਐ—ਰਲ, ਰਲ ਕੇ ਗਾਵੀਏ। ਭਜੁ—ਭਜਨ ਕਰ, ਯਾਦ ਕਰ। ਸਾਧ ਸੰਗੇ—ਸਾਧ ਸੰਗਤਿ ਵਿਚ। ਮਿਲੇ—ਮਿਲਿ, ਮਿਲ ਕੇ। ਰੰਗੇ—ਰੰਗਿ, ਪ੍ਰੇਮ ਨਾਲ। ਬਹੁੜਿ—ਮੁੜ, ਫਿਰ। ਗਹਿ—ਫੜ ਕੇ। ਕੰਠਿ—ਗਲ ਨਾਲ। ਸਹਜਿ—ਆਤਮਕ ਅਡੋਲਤਾ ਵਿਚ। ਸੁਭਾਏ—ਸੁਭਾਇ, ਪ੍ਰੇਮ ਵਿਚ। ਆਦਿ—ਮੁੱਢਲਾ। ਅੰਕੁਰੁ—ਅੰਗੂਰ। ਕਤਹੂ—ਕਿਤੇ ਭੀ ।੫।

ਅਰਥ:- ਹੇ ਭਾਈ! ਉਹ ਦਿਨ ਭਾਗਾਂ ਵਾਲਾ ਸਮਝਣਾ ਚਾਹੀਦਾ ਹੈ ਜਦੋਂ ਹਰਿ-ਪ੍ਰਭੂ (ਗੁਰੂ ਦਾ) ਮਿਲਾਇਆ (ਮਿਲ ਪੈਂਦਾ ਹੈ)। (ਹਿਰਦੇ ਵਿਚ) ਸਾਰੇ ਸੁਖ ਪਰਗਟ ਹੋ ਜਾਂਦੇ ਹਨ, ਤੇ, ਸਾਰੇ ਦੁੱਖ ਦੂਰ ਜਾ ਪੈਂਦੇ ਹਨ। ਹੇ ਭਾਈ! ਆਓ, ਜਗਤ-ਪਾਲ ਪ੍ਰਭੂ ਦੇ ਗੁਣ ਨਿੱਤ ਗਾਂਦੇ ਰਹੀਏ (ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ ਹਿਰਦੇ ਵਿਚ) ਸਦਾ ਹੀ ਆਤਮਕ ਅਡੋਲਤਾ ਦੇ ਸੁਖ-ਆਨੰਦ ਬਣੇ ਰਹਿੰਦੇ ਹਨ, ਖ਼ੁਸ਼ੀਆਂ ਬਣੀਆਂ ਰਹਿੰਦੀਆਂ ਹਨ। ਹੇ ਭਾਈ! ਗੁਰੂ ਦੀ ਸੰਗਤਿ ਵਿਚ ਪ੍ਰੇਮ ਨਾਲ ਮਿਲ ਕੇ ਪਰਮਾਤਮਾ ਦਾ ਭਜਨ ਕਰਿਆ ਕਰ (ਭਜਨ ਦੀ ਬਰਕਤਿ ਨਾਲ) ਮੁੜ ਮੁੜ ਜੂਨਾਂ ਵਿਚ ਨਹੀਂ ਪਈਦਾ, ਪਰਮਾਤਮਾ (ਬਾਹੋਂ) ਫੜ ਕੇ ਆਪਣੇ ਗਲ ਨਾਲ ਲਾ ਲੈਂਦਾ ਹੈ, ਆਤਮਕ ਅਡੋਲਤਾ ਵਿਚ ਪ੍ਰੇਮ ਵਿਚ (ਲੀਨ ਕਰ ਦੇਂਦਾ ਹੈ। ਹਿਰਦੇ ਵਿਚ ਭਗਤੀ ਦਾ) ਮੁੱਢਲਾ ਅੰਗੂਰ ਪੁੰਗਰ ਪੈਂਦਾ ਹੈ। ਨਾਨਕ ਬੇਨਤੀ ਕਰਦਾ ਹੈ—(ਹੇ ਭਾਈ! ਸਾਧ ਸੰਗਤਿ ਵਿਚ ਮਿਲਿਆਂ) ਪ੍ਰਭੂ ਆਪ ਆ ਮਿਲਦਾ ਹੈ, ਫਿਰ (ਉਸ ਦਾ ਦਰ ਛੱਡ ਕੇ) ਹੋਰ ਕਿਤੇ ਭੀ ਨਹੀਂ ਭਟਕੀਦਾ ।੫।੪।੭।

ਬਿਹਾਗੜਾ ਮਹਲਾ ੫ ਛੰਤ ॥ ਸੁਨਹੁ ਬੇਨੰਤੀਆ ਸੁਆਮੀ ਮੇਰੇ ਰਾਮ ॥ ਕੋਟਿ ਅਪ੍ਰਾਧ ਭਰੇ ਭੀ ਤੇਰੇ ਚੇਰੇ ਰਾਮ ॥ ਦੁਖ ਹਰਨ ਕਿਰਪਾ ਕਰਨ ਮੋਹਨ ਕਲਿ ਕਲੇਸਹ ਭੰਜਨਾ ॥ ਸਰਨਿ

ਤੇਰੀ ਰਖਿ ਲੇਹੁ ਮੇਰੀ ਸਰਬ ਮੈ ਨਿਰੰਜਨਾ ॥ ਸੁਨਤ ਪੇਖਤ ਸੰਗਿ ਸਭ ਕੈ ਪ੍ਰਭ ਨੇਰਹੂ ਤੇ ਨੇਰੇ ॥ ਅਰਦਾਸਿ ਨਾਨਕ ਸੁਨਿ ਸੁਆਮੀ ਰਖਿ ਲੇਹੁ ਘਰ ਕੇ ਚੇਰੇ ॥੧॥ {ਪੰਨਾ 547}

ਪਦਅਰਥ:- ਕੋਟਿ—ਕ੍ਰੋੜਾਂ । ਚੇਰੇ—ਸੇਵਕ । ਮੋਹਨ—ਹੇ ਮਨ ਨੂੰ ਖਿੱਚ ਪਾਣ ਵਾਲੇ! ਕਲਿ—ਝਗੜੇ । ਭੰਜਨਾ—ਨਾਸ ਕਰਨ ਵਾਲੇ । ਸਰਬ ਮੈ—ਸਰਬ-ਵਿਆਪਕ! ਨਿਰੰਜਨਾ—ਹੇ ਨਿਰਲੇਪ! ਪ੍ਰਭ—ਹੇ ਪ੍ਰਭੂ! ।੧।

ਅਰਥ:- ਹੇ ਮੇਰੇ ਮਾਲਕ! ਮੇਰੀ ਬੇਨਤੀ ਸੁਣ । (ਅਸੀ ਜੀਵ) ਕ੍ਰੋੜਾਂ ਪਾਪਾਂ ਨਾਲ ਲਿਬੜੇ ਹੋਏ ਹਾਂ, ਪਰ ਫਿਰ ਭੀ ਤੇਰੇ (ਦਰ ਦੇ) ਦਾਸ ਹਾਂ । ਹੇ ਦੁੱਖਾਂ ਦੇ ਨਾਸ ਕਰਨ ਵਾਲੇ! ਹੇ ਕਿਰਪਾ ਕਰਨ ਵਾਲੇ! ਹੇ ਮੋਹਨ! ਹੇ ਸਾਡੇ ਦੁੱਖ-ਕਲੇਸ਼ ਦੂਰ ਕਰਨ ਵਾਲੇ! ਹੇ ਸਰਬ-ਵਿਆਪਕ! ਹੇ ਨਿਰਲੇਪ ਪ੍ਰਭੂ! ਮੈਂ ਤੇਰੀ ਸਰਨ ਆਇਆ ਹਾਂ, ਮੇਰੀ ਲਾਜ ਰੱਖ ਲੈ । ਹੇ ਪ੍ਰਭੂ! ਤੂੰ ਸਾਡੇ ਅੱਤ ਨੇੜੇ ਵੱਸਦਾ ਹੈਂ, ਤੂੰ ਸਭ ਜੀਵਾਂ ਦੇ ਅੰਗ-ਸੰਗ ਰਹਿੰਦਾ ਹੈਂ, ਤੂੰ ਸਭ ਜੀਵਾਂ ਦੀਆਂ ਅਰਦਾਸਾਂ ਸੁਣਦਾ ਹੈਂ, ਤੂੰ ਸਭ ਜੀਵਾਂ ਦੇ ਕੀਤੇ ਕੰਮ ਵੇਖਦਾ ਹੈਂ । ਹੇ ਮੇਰੇ ਸੁਆਮੀ! ਨਾਨਕ ਦੀ ਬੇਨਤੀ ਸੁਣ । ਮੈਂ ਤੇਰੇ ਘਰ ਦਾ ਗ਼ੁਲਾਮ ਹਾਂ, ਮੇਰੀ ਇੱਜ਼ਤ ਰੱਖ ਲੈ ।੧।

ਤੂ ਸਮਰਥੁ ਸਦਾ ਹਮ ਦੀਨ ਭੇਖਾਰੀ ਰਾਮ ॥ ਮਾਇਆ ਮੋਹਿ ਮਗਨੁ ਕਢਿ ਲੇਹੁ ਮੁਰਾਰੀ ਰਾਮ ॥ ਲੋਭਿ ਮੋਹਿ ਬਿਕਾਰਿ ਬਾਧਿਓ ਅਨਿਕ ਦੋਖ ਕਮਾਵਨੇ ॥ ਅਲਿਪਤ ਬੰਧਨ ਰਹਤ ਕਰਤਾ ਕੀਆ ਅਪਨਾ ਪਾਵਨੇ ॥ ਕਰਿ ਅਨੁਗ੍ਰਹੁ ਪਤਿਤ ਪਾਵਨ ਬਹੁ ਜੋਨਿ ਭ੍ਰਮਤੇ ਹਾਰੀ ॥ ਬਿਨਵੰਤਿ ਨਾਨਕ ਦਾਸੁ ਹਰਿ ਕਾ ਪ੍ਰਭ ਜੀਅ ਪ੍ਰਾਨ ਅਧਾਰੀ ॥੨॥ {ਪੰਨਾ 547}

ਪਦਅਰਥ:- ਸਮਰਥੁ—ਸਭ ਤਾਕਤਾਂ ਦਾ ਮਾਲਕ । ਦੀਨ—ਕੰਗਾਲ । ਭੇਖਾਰੀ—ਮੰਗਤੇ । ਮੋਹਿ—ਮੋਹ ਵਿਚ । ਮਗਨੁ—ਡੁੱਬਾ ਹੋਇਆ, ਮਸਤ । ਮੁਰਾਰੀ—ਹੇ ਮੁਰਾਰੀ! ਹੇ ਪ੍ਰਭੂ! ਲੋਭਿ—ਲੋਭ ਵਿਚ । ਬਾਧਿਓ—ਬੱਝਾ ਹੋਇਆ । ਦੋਖ—ਪਾਪ । ਅਲਿਪਤ—ਨਿਰਲੇਪ । ਕਰਤਾ—ਕਰਤਾਰ । ਅਨੁਗ੍ਰਹੁ—ਦਇਆ । ਪਤਿਤ ਪਾਵਨ—ਹੇ ਵਿਕਾਰੀਆਂ ਨੂੰ ਪਵਿਤ੍ਰ ਕਰਨ ਵਾਲੇ! ਭ੍ਰਮਤੇ—ਭਟਕਦੇ । ਹਾਰੀ—ਥੱਕ ਗਈ । ਜੀਅ ਅਧਾਰੀ—ਜਿੰਦ ਦਾ ਆਸਰਾ ।੨।

ਅਰਥ:- ਹੇ ਪ੍ਰਭੂ! ਤੂੰ ਸਭ ਤਾਕਤਾਂ ਦਾ ਮਾਲਕ ਹੈਂ, ਅਸੀ (ਤੇਰੇ ਦਰ ਤੇ) ਨਿਮਾਣੇ ਮੰਗਤੇ ਹਾਂ । ਹੇ ਮੁਰਾਰੀ! ਮੈਂ ਮਾਇਆ ਦੇ ਮੋਹ ਵਿਚ ਡੁੱਬਾ ਰਹਿੰਦਾ ਹਾਂ, ਮੈਨੂੰ (ਮੋਹ ਵਿਚੋਂ) ਕੱਢ ਲੈ । ਮੈਂ ਲੋਭ ਵਿਚ, ਮੋਹ ਵਿਚ, ਵਿਕਾਰ ਵਿਚ ਬੱਝਾ ਰਹਿੰਦਾ ਹਾਂ । ਹੇ ਪ੍ਰਭੂ! ਅਸੀ ਜੀਵ ਅਨੇਕਾਂ ਪਾਪ ਕਮਾਂਦੇ ਰਹਿੰਦੇ ਹਾਂ । (ਹੇ ਭਾਈ!) ਇਕ ਕਰਤਾਰ ਹੀ ਨਿਰਲੇਪ ਰਹਿੰਦਾ ਹੈ, ਤੇ ਬੰਧਨਾਂ ਤੋਂ ਆਜ਼ਾਦ ਹੈ, ਅਸੀ ਜੀਵ ਤਾਂ ਆਪਣੇ ਕੀਤੇ ਕਰਮਾਂ ਦਾ ਫਲ ਭੁਗਤਦੇ ਰਹਿੰਦੇ ਹਾਂ । ਹੇ ਵਿਕਾਰੀਆਂ ਨੂੰ ਪਵਿਤ੍ਰ ਕਰਨ ਵਾਲੇ ਪ੍ਰਭੂ! ਮੇਹਰ ਕਰ, ਅਨੇਕਾਂ ਜੂਨਾਂ ਵਿਚ ਭਟਕ ਭਟਕ ਕੇ (ਮੇਰੀ ਜਿੰਦ) ਥੱਕ ਗਈ ਹੈ । (ਹੇ ਭਾਈ!) ਨਾਨਕ ਬੇਨਤੀ ਕਰਦਾ ਹੈ—ਨਾਨਕ ਉਸ ਹਰੀ ਦਾ ਉਸ ਪ੍ਰਭੂ ਦਾ ਦਾਸ ਹੈ ਜੋ (ਸਭ ਜੀਵਾਂ ਦੀ) ਜਿੰਦ ਦਾ ਪ੍ਰਾਣਾਂ ਦਾ ਆਸਰਾ ਹੈ ।੨।

ਤੂ ਸਮਰਥੁ ਵਡਾ ਮੇਰੀ ਮਤਿ ਥੋਰੀ ਰਾਮ ॥ ਪਾਲਹਿ ਅਕਿਰਤਘਨਾ ਪੂਰਨ ਦ੍ਰਿਸਟਿ ਤੇਰੀ ਰਾਮ ॥ ਅਗਾਧਿ ਬੋਧਿ ਅਪਾਰ ਕਰਤੇ ਮੋਹਿ ਨੀਚੁ ਕਛੂ ਨ ਜਾਨਾ ॥ ਰਤਨੁ ਤਿਆਗਿ

ਸੰਗ੍ਰਹਨ ਕਉਡੀ ਪਸੂ ਨੀਚੁ ਇਆਨਾ ॥ ਤਿਆਗਿ ਚਲਤੀ ਮਹਾ ਚੰਚਲਿ ਦੋਖ ਕਰਿ ਕਰਿ ਜੋਰੀ ॥ ਨਾਨਕ ਸਰਨਿ ਸਮਰਥ ਸੁਆਮੀ ਪੈਜ ਰਾਖਹੁ ਮੋਰੀ ॥੩॥ {ਪੰਨਾ 547}

ਪਦਅਰਥ:- ਪਾਲਹਿ—ਤੂੰ ਪਾਲਦਾ ਹੈਂ । ਅਕਿਰਤਘਨ—ਕੀਤੀ ਭਲਾਈ ਨੂੰ ਭੁਲਾ ਦੇਣ ਵਾਲੇ, ਨਾ-ਸ਼ੁਕਰੇ । ਪੂਰਨ—ਸਦਾ ਇਕ-ਸਾਰ । ਦ੍ਰਿਸਟਿ—ਨਿਗਾਹ, ਨਜ਼ਰ । ਅਗਾਧਿ ਬੋਧਿ—ਮਨੁੱਖੀ ਸਮਝ ਤੋਂ ਪਰੇ ਅਥਾਹ । ਕਰਤੇ—ਹੇ ਕਰਤਾਰ! ਮੋਹਿ—ਮੈਂ । ਤਿਆਗਿ—ਤਿਆਗ ਕੇ । ਸੰਗ੍ਰਹਨ—ਇਕੱਠੀਆਂ ਕਰਨਾ । ਚੰਚਲਿ—ਚੁਲਬੁਲੇ ਮਨ ਵਾਲੀ । ਦੋਖ—ਪਾਪ । ਜੋਰੀ—ਜੋੜੀ, ਇਕੱਠੀ ਕੀਤੀ । ਪੈਜ—ਲਾਜ, ਇੱਜ਼ਤ । ਮੋਰੀ—ਮੇਰੀ । ਸਮਰਥ—ਹੇ ਸਮਰੱਥ!

ਅਰਥ:- ਹੇ ਰਾਮ! ਤੂੰ ਵੱਡੀ ਤਾਕਤ ਵਾਲਾ ਹੈਂ, ਮੇਰੀ ਅਕਲ ਨਿੱਕੀ ਜਿਹੀ ਹੈ (ਤੇਰੇ ਵਡੱਪਣ ਨੂੰ ਸਮਝ ਨਹੀਂ ਸਕਦੀ) । ਹੇ ਪ੍ਰਭੂ! ਤੇਰੀ ਨਿਗਾਹ ਸਦਾ ਇਕ-ਸਾਰ ਹੈ ਤੂੰ ਨਾ-ਸ਼ੁਕਰਿਆਂ ਦੀ ਭੀ ਪਾਲਣਾ ਕਰਦਾ ਰਹਿੰਦਾ ਹੈਂ । ਹੇ ਕਰਤਾਰ! ਹੇ ਬੇਅੰਤ ਪ੍ਰਭੂ! ਤੂੰ ਜੀਵਾਂ ਦੀ ਸਮਝ ਤੋਂ ਪਰੇ ਅਥਾਹ ਹੈਂ, ਮੈਂ ਨੀਵੇਂ ਜੀਵਨ ਵਾਲਾ (ਤੇਰੀ ਬਾਬਤ) ਕੁਝ ਭੀ ਨਹੀਂ ਜਾਣ ਸਕਦਾ । ਹੇ ਪ੍ਰਭੂ! ਤੇਰਾ ਕੀਮਤੀ ਨਾਮ ਛੱਡ ਕੇ ਮੈਂ ਕਉਡੀਆਂ ਇਕੱਠੀਆਂ ਕਰਦਾ ਰਹਿੰਦਾ ਹਾਂ, ਮੈਂ ਪਸੂ-ਸੁਭਾਉ ਹਾਂ, ਨੀਵਾਂ ਹਾਂ, ਅੰਞਾਣ ਹਾਂ । ਮੈਂ ਪਾਪ ਕਰ ਕਰ ਕੇ (ਉਸ ਮਾਇਆ ਨੂੰ ਹੀ) ਜੋੜਦਾ ਰਿਹਾ ਜੇਹੜੀ ਕਦੇ ਟਿਕ ਕੇ ਨਹੀਂ ਬੈਠਦੀ, ਜੇਹੜੀ ਜੀਵਾਂ ਦਾ ਸਾਥ ਛੱਡ ਜਾਂਦੀ ਹੈ । ਹੇ ਨਾਨਕ! (ਆਖ—) ਹੇ ਸਭ ਤਾਕਤਾਂ ਦੇ ਮਾਲਕ ਮੇਰੇ ਸੁਆਮੀ! ਮੈਂ ਤੇਰੀ ਸਰਨ ਆਇਆ ਹਾਂ, ਮੇਰੀ ਲਾਜ ਰੱਖ ਲੈ ।੩।

ਜਾ ਤੇ ਵੀਛੁੜਿਆ ਤਿਨਿ ਆਪਿ ਮਿਲਾਇਆ ਰਾਮ ॥ ਸਾਧੂ ਸੰਗਮੇ ਹਰਿ ਗੁਣ ਗਾਇਆ ਰਾਮ ॥ ਗੁਣ ਗਾਇ ਗੋਵਿਦ ਸਦਾ ਨੀਕੇ ਕਲਿਆਣ ਮੈ ਪਰਗਟ ਭਏ ॥ ਸੇਜਾ ਸੁਹਾਵੀ ਸੰਗਿ ਪ੍ਰਭ ਕੈ ਆਪਣੇ ਪ੍ਰਭ ਕਰਿ ਲਏ ॥ ਛੋਡਿ ਚਿੰਤ ਅਚਿੰਤ ਹੋਏ ਬਹੁੜਿ ਦੂਖੁ ਨ ਪਾਇਆ ॥ ਨਾਨਕ ਦਰਸਨੁ ਪੇਖਿ ਜੀਵੇ ਗੋਵਿੰਦ ਗੁਣ ਨਿਧਿ ਗਾਇਆ ॥੪॥੫॥੮॥ {ਪੰਨਾ 547}

ਪਦਅਰਥ:- ਜਾ ਤੇ—ਜਿਸ (ਪਰਮਾਤਮਾ) ਨਾਲੋਂ । ਤਿਨਿ—ਉਸ (ਪਰਮਾਤਮਾ) ਨੇ । ਸੰਗਮੇ—ਸੰਗਮਿ, ਮਿਲਾਪ ਵਿਚ, ਸੰਗਤਿ ਵਿਚ । ਨੀਕੇ—ਸੋਹਣੇ । ਕਲਿਆਣਮੈ—ਆਨੰਦ ਸਰੂਪ ਪਰਮਾਤਮਾ । ਸੇਜਾ—ਹਿਰਦਾ-ਸੇਜ । ਸੁਹਾਵੀ—ਸੋਹਣੀ । ਕੈ ਸੰਗਿ—ਦੇ ਨਾਲ । ਅਚਿੰਤ—ਬੇ-ਫ਼ਿਕਰ । ਪੇਖਿ—ਵੇਖ ਕੇ । ਗੁਣਨਿਧਿ—ਗੁਣਾਂ ਦਾ ਖ਼ਜ਼ਾਨਾ ।੪।

ਅਰਥ:- ਗੁਰੂ ਦੀ ਸੰਗਤਿ ਵਿਚ ਆ ਕੇ (ਜਿਸ ਮਨੁੱਖ ਨੇ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਣੇ ਸ਼ੁਰੂ ਕਰ ਦਿੱਤੇ (ਉਸ ਮਨੁੱਖ ਨੂੰ) ਉਸ ਪਰਮਾਤਮਾ ਨੇ ਆਪ ਆਪਣੇ ਚਰਨਾਂ ਵਿਚ ਜੋੜ ਲਿਆ ਜਿਸ ਤੋਂ (ਉਹ ਚਿਰਾਂ ਦਾ) ਵਿਛੁੜਿਆ ਆ ਰਿਹਾ ਸੀ । ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਸੋਹਣੇ ਗੀਤ ਸਦਾ ਗਾਣ ਦੀ ਬਰਕਤਿ ਨਾਲ ਆਨੰਦ-ਸਰੂਪ ਪਰਮਾਤਮਾ (ਹਿਰਦੇ ਵਿਚ) ਪਰਗਟ ਹੋ ਜਾਂਦਾ ਹੈ । (ਜਿਸ ਮਨੁੱਖ ਦੇ ਹਿਰਦੇ ਵਿਚ ਪ੍ਰਭੂ ਪਰਗਟ ਹੁੰਦਾ ਹੈ) ਪ੍ਰਭੂ ਦੀ ਸੰਗਤਿ ਨਾਲ ਉਸ ਦਾ ਹਿਰਦਾ-ਸੇਜ ਆਨੰਦ-ਭਰਪੂਰ ਹੋ ਜਾਂਦਾ ਹੈ, ਪ੍ਰਭੂ ਉਸ ਨੂੰ ਆਪਣਾ (ਸੇਵਕ) ਬਣਾ ਲੈਂਦਾ ਹੈ ।

ਹੇ ਨਾਨਕ! (ਆਖ—) ਜੇਹੜੇ ਮਨੁੱਖ ਗੁਣਾਂ ਦੇ ਖ਼ਜ਼ਾਨੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦੇ ਹਨ ਉਹ (ਆਪਣੇ ਅੰਦਰ) ਪਰਮਾਤਮਾ ਦਾ ਦਰਸਨ ਕਰ ਕੇ ਆਤਮਕ ਜੀਵਨ ਵਾਲੇ ਬਣ ਜਾਂਦੇ ਹਨ, ਉਹ ਦੁਨੀਆ ਵਾਲੇ ਚਿੰਤਾ-ਫ਼ਿਕਰ ਤਿਆਗ ਕੇ ਸ਼ਾਂਤ-ਚਿਤ ਹੋ ਜਾਂਦੇ ਹਨ, ਉਹਨਾਂ ਨੂੰ ਮੁੜ ਕੋਈ

ਦੁੱਖ ਪੋਹ ਨਹੀਂ ਸਕਦਾ ।੪।੫।੮।

ਬਿਹਾਗੜਾ ਮਹਲਾ ੫ ਛੰਤ ॥ ਬੋਲਿ ਸੁਧਰਮੀੜਿਆ ਮੋਨਿ ਕਤ ਧਾਰੀ ਰਾਮ ॥ ਤੂ ਨੇਤ੍ਰੀ ਦੇਖਿ ਚਲਿਆ ਮਾਇਆ ਬਿਉਹਾਰੀ ਰਾਮ ॥ ਸੰਗਿ ਤੇਰੈ ਕਛੁ ਨ ਚਾਲੈ ਬਿਨਾ ਗੋਬਿੰਦ ਨਾਮਾ ॥ ਦੇਸ ਵੇਸ ਸੁਵਰਨ ਰੂਪਾ ਸਗਲ ਊਣੇ ਕਾਮਾ ॥ ਪੁਤ੍ਰ ਕਲਤ੍ਰ ਨ ਸੰਗਿ ਸੋਭਾ ਹਸਤ ਘੋਰਿ ਵਿਕਾਰੀ ॥ ਬਿਨਵੰਤ ਨਾਨਕ ਬਿਨੁ ਸਾਧਸੰਗਮ ਸਭ ਮਿਥਿਆ ਸੰਸਾਰੀ ॥੧॥ {ਪੰਨਾ 547}

ਪਦਅਰਥ:- ਸੁਧਰਮੀੜਿਆ—ਹੇ ਸੁਧਰਮੀ! ਹੇ ਸ੍ਰੇਸ਼ਟ ਧਰਮ ਵਾਲੇ! ਹੇ (ਸਾਰੀਆਂ ਜੂਨਾਂ ਵਿਚੋਂ) ਉੱਤਮ ਫ਼ਰਜ਼ ਵਾਲੇ । ਕਤ—ਕਿਉਂ? ਨੇਤ੍ਰੀ ਦੇਖਿ—ਅੱਖਾਂ ਨਾਲ ਵੇਖ । ਬਿਉਹਾਰੀ—ਵਿਹਾਰ ਕਰਨ ਵਾਲਾ । ਸੰਗਿ—ਨਾਲ । ਵੇਸ—ਕੱਪੜੇ । ਸੁਵਰਨ—ਸੋਨਾ । ਰੂਪਾ—ਚਾਂਦੀ । ਊਣੇ—ਖ਼ਾਲੀ, ਵਿਅਰਥ । ਕਲਤ੍ਰ—ਇਸਤ੍ਰੀ । ਹਸਤ ਘੋਰਿ—ਹਾਥੀ ਘੋੜੇ । ਵਿਕਾਰੀ—ਵਿਕਾਰਾਂ ਵਲ ਲੈ ਜਾਣ ਵਾਲੇ । ਮਿਥਿਆ—ਨਾਸਵੰਤ । ਸੰਸਾਰੀ—ਸੰਸਾਰ ਦੇ ਉੱਦਮ ।੧।

ਅਰਥ:- ਹੇ (ਸਾਰੀਆਂ) ਜੂਨਾਂ ਵਿਚੋਂ (ਉੱਤਮ ਫ਼ਰਜ਼ ਵਾਲੇ!) ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਬੋਲ ਬੋਲਿਆ ਕਰ । (ਸਿਫ਼ਤਿ-ਸਾਲਾਹ ਵਲੋਂ) ਤੂੰ ਕਿਉਂ ਚੁੱਪ ਵੱਟੀ ਹੋਈ ਹੈ? ਆਪਣੀਆਂ ਅੱਖਾਂ ਨਾਲ (ਧਿਆਨ ਨਾਲ) ਵੇਖ; (ਨਿਰਾ) ਮਾਇਆ ਦਾ ਹੀ ਵਿਹਾਰ ਕਰਨ ਵਾਲਾ (ਇਥੋਂ ਖ਼ਾਲੀ ਹੱਥ) ਤੁਰ ਪੈਂਦਾ ਹੈ । ਹੇ ਭਾਈ! ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਕੋਈ ਚੀਜ਼ ਤੇਰੇ ਨਾਲ ਨਹੀਂ ਜਾ ਸਕਦੀ । ਦੇਸਾਂ (ਦੇ ਰਾਜ), ਕੱਪੜੇ, ਸੋਨਾ, ਚਾਂਦੀ (—ਇਹਨਾਂ ਦੀ ਖ਼ਾਤਰ ਕੀਤੇ ਹੋਏ) ਸਾਰੇ ਉੱਦਮ ਵਿਅਰਥ ਹੋ ਜਾਂਦੇ ਹਨ । ਹੇ ਭਾਈ! ਪੁੱਤਰ, ਇਸਤ੍ਰੀ, ਦੁਨੀਆ ਦੀ ਵਡਿਆਈ—ਕੁਝ ਭੀ ਮਨੁੱਖ ਦੇ ਨਾਲ ਨਹੀਂ ਜਾਂਦਾ । ਹਾਥੀ ਘੋੜੇ ਆਦਿਕਾਂ ਦੀ ਲਾਲਸਾ ਭੀ ਵਿਕਾਰਾਂ ਵਲ ਲੈ ਜਾਂਦੀ ਹੈ । ਨਾਨਕ ਬੇਨਤੀ ਕਰਦਾ ਹੈ—ਸਾਧ ਸੰਗਤਿ ਤੋਂ ਬਿਨਾ ਦੁਨੀਆ ਦੇ ਸਾਰੇ ਉੱਦਮ ਨਾਸਵੰਤ ਹਨ ।

ਰਾਜਨ ਕਿਉ ਸੋਇਆ ਤੂ ਨੀਦ ਭਰੇ ਜਾਗਤ ਕਤ ਨਾਹੀ ਰਾਮ ॥ ਮਾਇਆ ਝੂਠੁ ਰੁਦਨੁ ਕੇਤੇ ਬਿਲਲਾਹੀ ਰਾਮ ॥ ਬਿਲਲਾਹਿ ਕੇਤੇ ਮਹਾ ਮੋਹਨ ਬਿਨੁ ਨਾਮ ਹਰਿ ਕੇ ਸੁਖੁ ਨਹੀ ॥ ਸਹਸ ਸਿਆਣਪ ਉਪਾਵ ਥਾਕੇ ਜਹ ਭਾਵਤ ਤਹ ਜਾਹੀ ॥ ਆਦਿ ਅੰਤੇ ਮਧਿ ਪੂਰਨ ਸਰਬਤ੍ਰ ਘਟਿ ਘਟਿ ਆਹੀ ॥ ਬਿਨਵੰਤ ਨਾਨਕ ਜਿਨ ਸਾਧਸੰਗਮੁ ਸੇ ਪਤਿ ਸੇਤੀ ਘਰਿ ਜਾਹੀ ॥੨॥ {ਪੰਨਾ 548}

ਪਦਅਰਥ:- ਰਾਜਨ—ਹੇ ਧਰਤੀ ਦੇ ਸਰਦਾਰ! ਭਰੇ—ਭਰਿ, ਭਰ ਕੇ । ਨੀਦ ਭਰੇ—ਗੂੜ੍ਹੀ ਨੀਂਦ ਵਿਚ । ਕਤ—ਕਿਉਂ? ਰੁਦਨੁ—ਰੋਣ-ਕੁਰਲਾਣ, ਤਰਲਾ । ਕੇਤੇ—ਕਿਤਨੇ ਹੀ, ਬੇਅੰਤ ਜੀਵ । ਬਿਲਲਾਹੀ—ਬਿਲਲਾਹਿ, ਵਿਲਕਦੇ ਹਨ । ਮਹਾ ਮੋਹਨ—ਡਾਢੀ ਮਨ-ਮੋਹਣੀ ਮਾਇਆ ਦੀ ਖ਼ਾਤਰ । ਸਹਸ—ਹਜ਼ਾਰਾਂ । ਉਪਾਵ—(ਲਫ਼ਜ਼ 'ਉਪਾਉ' ਤੋਂ ਬਹੁ-ਵਚਨ) । ਭਾਵਤ—(ਪ੍ਰਭੂ ਨੂੰ) ਚੰਗਾ ਲੱਗਦਾ ਹੈ । ਜਾਹੀ—ਜਾਹਿ, ਜਾਂਦੇ ਹਨ । ਆਦਿ ਅੰਤੇ ਮਧਿ—ਸ਼ੁਰੂ ਵਿਚ, ਅਖ਼ੀਰ ਵਿਚ, ਵਿਚਕਾਰਲੇ ਸਮੇ ਵਿਚ, ਸਦਾ ਹੀ । ਪੂਰਨ—ਵਿਆਪਕ । ਸਰਬਤ੍ਰ—ਹਰ ਥਾਂ । ਘਟਿ ਘਟਿ—ਹਰੇਕ ਸਰੀਰ ਵਿਚ । ਆਹੀ—ਹੈ । ਸੰਗਮੁ—ਮਿਲਾਪ । ਸਾਧ ਸੰਗਮੁ—ਗੁਰੂ ਦਾ ਮਿਲਾਪ । ਪਤਿ—ਇੱਜ਼ਤ । ਸੇਤੀ—ਨਾਲ । ਘਰਿ—ਘਰ ਵਿਚ, ਪ੍ਰਭੂ-ਚਰਨਾਂ ਵਿਚ ।੨।

ਅਰਥ:- ਹੇ ਧਰਤੀ ਦੇ ਸਰਦਾਰ ਮਨੁੱਖ! ਤੂੰ ਕਿਉਂ ਮਾਇਆ ਦੇ ਮੋਹ ਦੀ ਗੂੜ੍ਹੀ ਨੀਂਦ ਵਿਚ ਸੌਂ ਰਿਹਾ ਹੈਂ? ਤੂੰ ਕਿਉਂ ਸੁਚੇਤ ਨਹੀਂ ਹੁੰਦਾ? ਇਸ ਮਾਇਆ ਦੀ ਖ਼ਾਤਰ ਅਨੇਕਾਂ ਹੀ ਮਨੁੱਖ ਝੂਠਾ ਰੋਣ-ਕੁਰਲਾਣ ਕਰਦੇ ਆ ਰਹੇ ਹਨ, ਵਿਲਕਦੇ ਆ ਰਹੇ ਹਨ । ਬੇਅੰਤ ਪ੍ਰਾਣੀ ਇਸ ਡਾਢੀ ਮਨ-ਮੋਹਣੀ ਮਾਇਆ ਦੀ ਖ਼ਾਤਰ ਤਰਲੇ ਲੈਂਦੇ ਆ ਰਹੇ ਹਨ (ਕਿ ਮਾਇਆ ਮਿਲੇ ਤੇ ਮਾਇਆ ਤੋਂ ਸੁਖ ਮਿਲੇ, ਪਰ) ਪਰਮਾਤਮਾ ਦੇ ਨਾਮ ਤੋਂ ਬਿਨਾ ਸੁਖ (ਕਿਸੇ ਨੂੰ) ਨਹੀਂ ਲੱਭਾ । ਜੀਵ ਹਜ਼ਾਰਾਂ ਚਤੁਰਾਈਆਂ ਹਜ਼ਾਰਾਂ ਹੀਲੇ ਕਰਦੇ ਥੱਕ ਜਾਂਦੇ ਹਨ (ਮਾਇਆ ਦੇ ਮੋਹ ਵਿਚੋਂ ਖ਼ਲਾਸੀ ਭੀ ਨਹੀਂ ਹੁੰਦੀ । ਹੋਵੇ ਭੀ ਕਿਵੇਂ?) ਜਿਧਰ ਪਰਮਾਤਮਾ ਦੀ ਰਜ਼ਾ ਹੁੰਦੀ ਹੈ ਉਧਰ ਹੀ ਜੀਵ ਜਾ ਸਕਦੇ ਹਨ । ਉਹ ਪਰਮਾਤਮਾ ਸਦਾ ਲਈ ਹੀ ਸਰਬ-ਵਿਆਪਕ ਹੈ, ਹਰ ਥਾਂ ਮੌਜੂਦ ਹੈ, ਹਰੇਕ ਸਰੀਰ ਵਿਚ ਹੈ । ਨਾਨਕ ਬੇਨਤੀ ਕਰਦਾ ਹੈ—ਜਿਨ੍ਹਾਂ ਮਨੁੱਖਾਂ ਨੂੰ ਗੁਰੂ ਦਾ ਮਿਲਾਪ ਪ੍ਰਾਪਤ ਹੁੰਦਾ ਹੈ ਉਹ (ਇਥੋਂ) ਇੱਜ਼ਤ ਨਾਲ ਪਰਮਾਤਮਾ ਦੀ ਹਜ਼ੂਰੀ ਵਿਚ ਜਾਂਦੇ ਹਨ ।੨।

ਨਰਪਤਿ ਜਾਣਿ ਗ੍ਰਹਿਓ ਸੇਵਕ ਸਿਆਣੇ ਰਾਮ ॥ ਸਰਪਰ ਵੀਛੁੜਣਾ ਮੋਹੇ ਪਛੁਤਾਣੇ ਰਾਮ ॥ ਹਰਿਚੰਦਉਰੀ ਦੇਖਿ ਭੂਲਾ ਕਹਾ ਅਸਥਿਤਿ ਪਾਈਐ ॥ ਬਿਨੁ ਨਾਮ ਹਰਿ ਕੇ ਆਨ ਰਚਨਾ ਅਹਿਲਾ ਜਨਮੁ ਗਵਾਈਐ ॥ ਹਉ ਹਉ ਕਰਤ ਨ ਤ੍ਰਿਸਨ ਬੂਝੈ ਨਹ ਕਾਂਮ ਪੂਰਨ ਗਿਆਨੇ ॥ ਬਿਨਵੰਤਿ ਨਾਨਕ ਬਿਨੁ ਨਾਮ ਹਰਿ ਕੇ ਕੇਤਿਆ ਪਛੁਤਾਨੇ ॥੩॥ {ਪੰਨਾ 548}

ਪਦਅਰਥ:- ਨਰਪਤਿ—ਰਾਜਾ । ਜਾਣਿ—ਜਾਣ ਕੇ, ਸਮਝ ਕੇ । ਗ੍ਰਹਿਓ—(ਮੋਹ ਵਿਚ) ਫਸ ਜਾਂਦਾ ਹੈ । ਸਰਪਰ—ਜ਼ਰੂਰ । ਮੋਹੇ—(ਜਿਹੜੇ) ਮੋਹ ਵਿਚ ਫਸਦੇ ਹਨ । ਹਰਿਚੰਦਉਰੀ—ਹਰਿਚੰਦ-ਨਗਰੀ, ਗੰਧਰਬ-ਨਗਰੀ, ਆਕਾਸ਼ ਵਿਚ ਖ਼ਿਆਲੀ ਨਗਰੀ । ਦੇਖਿ—ਵੇਖ ਕੇ । ਅਸਥਿਤਿ—ਪੱਕਾ ਟਿਕਾਣਾ । ਕਹਾ—ਕਿੱਥੇ? ਕਿਤੇ ਭੀ ਨਹੀਂ । ਆਨ—ਹੋਰ । ਅਹਿਲਾ—ਆਹਲਾ, ਉੱਤਮ । ਗਵਾਈਐ—ਗਵਾ ਲਈਦਾ ਹੈ । ਹਉ ਹਉ—ਮੈਂ (ਵੱਡਾ ਬਣ ਜਾਵਾਂ), ਮੈਂ (ਵੱਡਾ ਬਣ ਜਾਵਾਂ) । ਕਾਂਮ—ਮਨੁੱਖਾ ਜਨਮ ਦਾ ਮਨੋਰਥ । ਗਿਆਨ—ਆਤਮਕ ਜੀਵਨ ਦੀ ਸਮਝ । ਕੇਤਿਆ—ਅਨੇਕਾਂ ਹੀ ।੩।

ਅਰਥ:- (ਜੇ ਕੋਈ ਮਨੁੱਖ) ਰਾਜਾ (ਬਣ ਜਾਂਦਾ ਹੈ, ਤਾਂ ਉਹ) ਸਿਆਣੇ ਸੇਵਕਾਂ ਨੂੰ (ਆਪਣੇ) ਜਾਣ ਕੇ (ਰਾਜ ਦੇ ਮੋਹ ਵਿਚ) ਫਸ ਜਾਂਦਾ ਹੈ । (ਪਰ ਦੁਨੀਆ ਦੇ ਸਾਰੇ ਪਦਾਰਥਾਂ ਨਾਲੋਂ) ਜ਼ਰੂਰ ਵਿਛੁੜ ਜਾਣਾ ਹੈ, (ਜੇਹੜੇ ਮਨੁੱਖ ਦੁਨੀਆ ਦੇ ਮੋਹ ਵਿਚ) ਫਸਦੇ ਹਨ, ਉਹ ਆਖ਼ਰ ਹੱਥ ਮਲਦੇ ਰਹਿ ਜਾਂਦੇ ਹਨ । ਮਨੁੱਖ ਆਕਾਸ਼ ਵਿਚ ਦੇ ਖ਼ਿਆਲੀ ਸ਼ਹਰ ਵਰਗੇ ਜਗਤ ਨੂੰ ਵੇਖ ਕੇ ਕੁਰਾਹੇ ਪੈ ਜਾਂਦਾ ਹੈ, ਪਰ ਇਥੇ ਕਿਤੇ ਭੀ ਸਦਾ ਦਾ ਟਿਕਾਣਾ ਨਹੀਂ ਮਿਲ ਸਕਦਾ । ਪਰਮਾਤਮਾ ਦੇ ਨਾਮ ਤੋਂ ਖੁੰਝ ਕੇ, ਜਗਤ-ਚਰਨਾ ਦੇ ਹੋਰ ਹੋਰ ਪਦਾਰਥਾਂ ਵਿਚ ਫਸ ਕੇ ਸ੍ਰੇਸ਼ਟ ਮਨੁੱਖਾ ਜਨਮ ਗਵਾ ਲਈਦਾ ਹੈ ।੩।

"ਮੈਂ (ਵੱਡਾ ਬਣ ਜਾਵਾਂ), ਮੈਂ (ਵੱਡ ਬਣ ਜਾਵਾਂ)"—ਇਹ ਕਰਦਿਆਂ ਕਦੇ ਮਾਇਆ ਦੀ ਤ੍ਰਿਸ਼ਨਾ ਮੁੱਕਦੀ ਨਹੀਂ, ਮਨੁੱਖਾ ਜਨਮ ਦਾ ਮਨੋਰਥ ਹਾਸਲ ਨਹੀਂ ਹੋ ਸਕਦਾ, ਆਤਮਕ ਜੀਵਨ ਦੀ ਸਮਝ ਭੀ ਨਹੀਂ ਪੈਂਦੀ । ਨਾਨਕ ਬੇਨਤੀ ਕਰਦਾ ਹੈ—ਪਰਮਾਤਮਾ ਦੇ ਨਾਮ ਤੋਂ ਖੁੰਝ ਕੇ ਅਨੇਕਾਂ ਜੀਵ ਹੱਥ ਮਲਦੇ ਜਾਂਦੇ ਹਨ ।੩।

ਧਾਰਿ ਅਨੁਗ੍ਰਹੋ ਅਪਨਾ ਕਰਿ ਲੀਨਾ ਰਾਮ ॥ ਭੁਜਾ ਗਹਿ ਕਾਢਿ ਲੀਓ ਸਾਧੂ ਸੰਗੁ ਦੀਨਾ ਰਾਮ ॥ ਸਾਧਸੰਗਮਿ ਹਰਿ ਅਰਾਧੇ ਸਗਲ ਕਲਮਲ ਦੁਖ ਜਲੇ ॥ ਮਹਾ ਧਰਮ ਸੁਦਾਨ ਕਿਰਿਆ ਸੰਗਿ ਤੇਰੈ ਸੇ ਚਲੇ ॥ ਰਸਨਾ ਅਰਾਧੈ ਏਕੁ ਸੁਆਮੀ ਹਰਿ ਨਾਮਿ ਮਨੁ ਤਨੁ ਭੀਨਾ ॥ ਨਾਨਕ ਜਿਸ ਨੋ ਹਰਿ ਮਿਲਾਏ ਸੋ ਸਰਬ ਗੁਣ ਪਰਬੀਨਾ ॥੪॥੬॥੯॥ {ਪੰਨਾ 548}

ਪਦਅਰਥ:- ਅਨੁਗ੍ਰਹੋ—ਅਨੁਗ੍ਰਹੁ, ਦਇਆ । ਭੁਜਾ—ਬਾਂਹ । ਗਹਿ—ਫੜ ਕੇ । ਸਾਧੂ ਸੰਗੁ—ਗੁਰੂ ਦਾ ਮਿਲਾਪ । ਸੰਗਮਿ—ਸੰਗਤਿ ਵਿਚ । ਕਲਮਲ—ਪਾਪ । ਮਹਾ ਧਰਮ—ਨਾਮ-ਧਰਮ । ਦਾਨ ਕਿਰਿਆ—ਨਾਮ-ਦਾਨ ਦੀ ਕਿਰਿਆ । ਸੇ—ਇਹੀ {ਬਹੁ-ਵਚਨ} । ਰਸਨਾ—ਜੀਭ (ਨਾਲ) । ਭੀਨਾ—ਭਿੱਜ ਜਾਂਦਾ ਹੈ । ਨਾਮਿ—ਨਾਮ ਨਾਲ । ਪਰਬੀਨਾ—ਸਿਆਣਾ ।੪।

ਅਰਥ:- (ਹੇ ਭਾਈ! ਜਿਸ ਮਨੁੱਖ ਨੂੰ) ਪਰਮਾਤਮਾ ਦਇਆ ਕਰ ਕੇ ਆਪਣਾ ਬਣਾ ਲੈਂਦਾ ਹੈ ਉਸ ਨੂੰ ਗੁਰੂ ਦਾ ਮਿਲਾਪ ਬਖ਼ਸ਼ਦਾ ਹੈ, ਤੇ ਉਸ ਨੂੰ ਬਾਹੋਂ ਫੜ ਕੇ (ਮੋਹ ਦੇ ਖੂਹ ਵਿਚੋਂ) ਕੱਢ ਲੈਂਦਾ ਹੈ । ਜੇਹੜਾ ਮਨੁੱਖ ਗੁਰੂ ਦੀ ਸੰਗਤਿ ਵਿਚ ਟਿਕ ਕੇ ਪਰਮਾਤਮਾ ਦਾ ਨਾਮ ਸਿਮਰਦਾ ਰਹਿੰਦਾ ਹੈ ਉਸ ਦੇ ਸਾਰੇ ਪਾਪ ਸਾਰੇ ਦੁੱਖ ਸੜ ਜਾਂਦੇ ਹਨ ।

ਹੇ ਭਾਈ! ਸਭ ਤੋਂ ਵੱਡਾ ਧਰਮ ਨਾਮ-ਜਪਣ ਦਾ ਧਰਮ—ਅਤੇ ਸਭ ਤੋਂ ਵੱਡਾ ਦਾਨ—ਨਾਮ-ਦਾਨ—ਇਹੀ ਕੰਮ (ਜਗਤ ਤੋਂ) ਤੇਰੇ ਨਾਲ ਜਾ ਸਕਦੇ ਹਨ । ਹੇ ਨਾਨਕ! (ਆਖ—) ਜੇਹੜਾ ਮਨੁੱਖ ਆਪਣੀ ਜੀਭ ਨਾਲ ਇਕ ਮਾਲਕ-ਪ੍ਰਭੂ ਦਾ ਆਰਾਧਨ ਕਰਦਾ ਰਹਿੰਦਾ ਹੈ ਉਸ ਦਾ ਮਨ ਉਸ ਦਾ ਹਿਰਦਾ ਪਰਮਾਤਮਾ ਦੇ ਨਾਮ-ਜਲ ਵਿਚ ਤਰੋ-ਤਰ ਹੋਇਆ ਰਹਿੰਦਾ ਹੈ । ਜਿਸ ਮਨੁੱਖ ਨੂੰ ਪਰਮਾਤਮਾ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ ਉਹ ਸਾਰੇ ਗੁਣਾਂ ਵਿਚ ਸਿਆਣਾ ਹੋ ਜਾਂਦਾ ਹੈ ।੪।੬।੯।

ਘਰੁ ੨ ਦੇ ਛੰਦ — ੬
ਘਰੁ ੧ ਦੇ ਛੰਦ — ੩
. . . . ——
. . ਜੋੜ ੯

ਨੋਟ:- ਇਸ ਜੋੜ ਵਿਚ ਮ: ੪ ਦੇ ਛੰਤ ਸ਼ਾਮਲ ਨਹੀਂ ਹਨ । ਉਹ ਹਨ ੬ । ਕੁੱਲ ਜੋੜ ੧੫ ।

ਬਿਹਾਗੜੇ ਕੀ ਵਾਰ ਮਹਲਾ ੪

ਵਾਰ ਦਾ ਭਾਵ

ਪਉੜੀ-ਵਾਰ

(੧) ਜਿਸ ਮਨੁੱਖ ਤੇ ਪ੍ਰਭੂ ਮੇਹਰ ਦੀ ਨਜ਼ਰ ਕਰਦਾ ਹੈ, ਉਸ ਨੂੰ ਆਪਣੀ ਸਿਫ਼ਤਿ-ਸਾਲਾਹ ਵਿਚ ਜੋੜਦਾ ਹੈ ਤੇ ਵਿਕਾਰਾਂ ਵਿਚ ਖ਼ੁਆਰ ਹੋਣ ਤੋਂ ਬਚਾਂਦਾ ਹੈ ।

(੨) ਜਿਸ ਮਨੁੱਖ ਨੂੰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਦਾਤਿ ਮਿਲਦੀ ਹੈ, ਉਸ ਨੂੰ ਦੁਨੀਆ ਵਾਲੀ ਕੋਈ ਭੁੱਖ ਨਹੀਂ ਰਹਿ ਜਾਂਦੀ, ਇਸ ਵਾਸਤੇ ਹਰ ਥਾਂ ਉਸ ਨੂੰ ਸੋਭਾ ਮਿਲਦੀ ਹੈ ।

(੩) ਜੋ ਮਨੁੱਖ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦਾ ਹੈ, ਉਸ ਦੇ ਮਨ ਵਿਚ ਸਦਾ ਖਿੜਾਉ ਤੇ

ਆਨੰਦ ਬਣਿਆ ਰਹਿੰਦਾ ਹੈ । ਕੋਈ ਹੋਰ ਉਸ ਦੀ ਬਰਾਬਰੀ ਨਹੀਂ ਕਰ ਸਕਦਾ, ਕਿਉਂਕਿ ਜਿਸ ਪ੍ਰਭੂ ਦੀ ਉਹ ਬੰਦਗੀ ਕਰਦਾ ਹੈ ਉਸ ਦਾ ਕੋਈ ਸ਼ਰੀਕ ਨਹੀਂ ਹੈ ਤੇ ਬੰਦਗੀ ਕਰਨ ਵਾਲਾ ਪ੍ਰਭੂ ਦਾ ਹੀ ਰੂਪ ਹੋ ਜਾਂਦਾ ਹੈ ।

(੪) ਸਿਮਰਨ ਕਰਨ ਵਾਲੇ ਮਨੁੱਖ ਨੂੰ ਕੋਈ ਤੌਖਲਾ ਨਹੀਂ ਪੋਹ ਸਕਦਾ ਕਿਉਂਕਿ ਸਤਸੰਗੀਆਂ ਨਾਲ ਮਿਲ ਕੇ ਪ੍ਰਭੂ ਦੇ ਗੁਣਾਂ ਦੀ ਵਿਚਾਰ ਕੀਤਿਆਂ ਮਨ ਖਿੜਿਆ ਰਹਿੰਦਾ ਹੈ, ਦੁਨੀਆ ਵਾਲੀਆਂ ਸਭ ਭੁੱਖਾਂ ਲਹਿ ਜਾਂਦੀਆਂ ਹਨ ਤੇ ਬੰਧਨ ਟੁੱਟ ਜਾਂਦੇ ਹਨ ।

(੫) ਜਗਤ ਦੇ ਸਾਰੇ ਚੋਜ ਤਮਾਸ਼ੇ ਪਰਮਾਤਮਾ ਆਪ ਹੀ ਕਰ ਰਿਹਾ ਹੈ, ਜਿਸ ਪਾਸੇ ਚਾਂਹਦਾ ਹੈ ਜੀਵਾਂ ਨੂੰ ਲਾਉਂਦਾ ਹੈ; ਇਹ ਭੀ ਉਸ ਦਾ ਇਕ ਚੋਜ ਹੈ ਕਿ ਉਸ ਦੀ ਸਿਫ਼ਤਿ-ਸਾਲਾਹ ਉਹੀ ਮਨੁੱਖ ਕਰਦਾ ਹੈ ਜਿਸ ਉਤੇ ਸਤਿਗੁਰੂ ਦੀ ਕਿਰਪਾ ਹੋਵੇ ।

(੬) ਇਹ ਭੀ ਪਰਮਾਤਮਾ ਦੀ ਹੀ ਖੇਡ ਹੈ ਕਿ ਕਈ ਜੀਵ ਸਾਰਾ ਹੀ ਸਮਾਂ ਰੋਜ਼ੀ ਦੀ ਦੌੜ-ਭੱਜ ਵਿਚ ਹੀ ਖ਼ਰਚ ਕਰ ਦੇਂਦੇ ਹਨ; ਪਰ ਜਿਸ ਮਨੁੱਖ ਉੱਤੇ ਮੇਹਰ ਕਰਦਾ ਹੈ ਉਸ ਨੂੰ ਉਸ ਪ੍ਰਭੂ ਦੀ 'ਰਜ਼ਾ' ਪਿਆਰੀ ਲੱਗਦੀ ਹੈ ।

(੭) ਜਿਸ ਸਰਬ-ਕਲਾ ਸਮਰੱਥ ਪ੍ਰਭੂ ਨੇ ਇਹ ਜਗਤ ਰਚਿਆ ਹੈ ਤੇ ਰਚਣ ਵੇਲੇ ਉਸ ਨੂੰ ਕਿਸੇ ਦੀ ਸਲਾਹ ਦੀ ਭੀ ਲੋੜ ਨਾਹ ਪਈ, ਉਸੇ ਨੇ ਹੀ ਜੀਵਾਂ ਵਾਸਤੇ ਇਹ ਜੁਗਤੀ ਬਣਾਈ ਹੈ ਕਿ ਜੀਵ ਗੁਰੂ ਦੀ ਸਰਨ ਪੈ ਕੇ ਉਸ ਦੀ ਬੰਦਗੀ ਵਿਚ ਲੱਗਣ ।

(੮) ਕਈ ਮਨੁੱਖ ਧਰਮ-ਪੁਸਤਕਾਂ ਦੀ ਰਾਹੀਂ ਚਰਚਾ ਤੇ ਪਾਪ ਪੁੰਨ ਦੀ ਵਿਚਾਰ ਵਿਚ ਹੀ ਰੁਝੇ ਰਹਿੰਦੇ ਹਨ ਪਰ ਜਿਨ੍ਹਾਂ ਉੱਤੇ ਪ੍ਰਭੂ ਖ਼ਾਸ ਬਖ਼ਸ਼ਸ਼ ਕਰਦਾ ਹੈ ਉਹ ਅਜੇਹੀ ਚਰਚਾ ਤੋਂ ਨਿਰਾਲੇ ਰਹਿ ਕੇ ਅਕੱਥ ਪ੍ਰਭੂ ਦੀ ਸਿਫ਼ਤਿ-ਸਾਲਾਹ ਵਿਚ ਲੱਗਦੇ ਹਨ ।

(੯) ਇਹ ਜਗਤ, ਮਾਨੋ, ਇਕ ਸਮੁੰਦਰ ਹੈ (ਜਿਸ ਵਿਚ ਮਾਇਆ-ਜਲ ਦੀਆਂ ਠਾਠਾਂ ਪੈ ਰਹੀਆਂ ਹਨ), ਜਿਸ ਮਨੁੱਖ ਉੱਤੇ ਪ੍ਰਭੂ ਮੇਹਰ ਕਰਦਾ ਹੈ, ਉਸ ਨੂੰ ਸਤਿਗੁਰੂ ਮਿਲਾਂਦਾ ਹੈ, ਜਿਸ ਦੇ ਦੱਸੇ ਰਾਹ ਤੇ ਤੁਰ ਕੇ ਮਨੁੱਖ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਰਤਨ ਲੱਭ ਕੇ, ਇਸ ਸਮੁੰਦਰ ਤੋਂ ਸਹੀ ਸਲਾਮਤਿ ਪਾਰ ਲੰਘਦਾ ਹੈ ।

(੧੦) ਜਿਵੇਂ ਪਾਰਸ ਨਾਲ ਛੁਹਿਆਂ ਹਰੇਕ ਧਾਤ ਸੋਨਾ ਬਣ ਜਾਂਦੀ ਹੈ, ਤਿਵੇਂ ਹੀ ਜੋ ਮਨੁੱਖ ਗੁਰੂ ਦੀ ਚਰਨੀਂ ਲੱਗਦਾ ਹੈ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ ਉਸ ਦੇ ਸਾਰੇ ਪਾਪ ਨਾਸ ਹੋ ਕੇ ਉਹ ਸੁੱਧ-ਸਰੂਪ ਹੋ ਜਾਂਦਾ ਹੈ ।

(੧੧) ਗੁਰੂ, ਮਾਨੋ, ਪਾਂਧਾ ਹੈ ਤੇ ਉਸ ਦੀ ਸੰਗਤਿ ਪਾਠਸ਼ਾਲਾ ਹੈ, ਜਿਵੇਂ ਪਾਠਸ਼ਾਲਾ ਵਿਚ ਪੜ੍ਹਨੇ ਪਏ ਇੰਵਾਣੇ ਬਾਲਾਂ ਨੂੰ ਪਾਂਧਾ ਪਿਆਰ ਨਾਲ ਪੜ੍ਹਾ ਕੇ ਸਿਆਣੇ ਕਰ ਦੇਂਦਾ ਹੈ, ਤਿਵੇਂ ਸਤਿਗੁਰੂ ਭੀ ਮਾਪਿਆਂ ਵਾਂਗ ਪਿਆਰ ਕਰ ਕੇ ਸਰਨ ਆਏ ਸਿੱਖਾਂ ਨੂੰ ਇਤਨੇ ਸਿਆਣੇ ਬਣਾ ਦੇਂਦਾ ਹੈ ਕਿ ਉਹ ਪ੍ਰਭੂ ਦੇ ਚਰਨਾਂ ਵਿਚ ਜੁੜ ਕੇ ਮਾਇਆ ਦੀ ਮਾਰ ਤੋਂ ਬਚ ਜਾਂਦੇ ਹਨ ।

(੧੨) ਕਈ ਮਨੁੱਖ ਪ੍ਰਭੂ ਦੇ ਬਣਾਏ ਹੋਏ ਸ਼ਿਵ ਆਦਿਕ ਦੇਵਤਿਆਂ ਨੂੰ ਪੂਜ ਰਹੇ ਹਨ, ਕੋਈ ਸ਼ਾਸ਼ਤ੍ਰਾਂ ਨੂੰ ਪੜ੍ਹ ਕੇ ਚਰਚਾ ਸ਼ਾਸਤ੍ਰਾਰਥ ਵਿਚ ਸਮਾਂ ਗੰਵਾ ਰਹੇ ਹਨ, ਕੋਈ ਜੋਗੀ ਸੰਨਿਆਸੀ ਬਣ ਕੇ ਬਾਹਰ ਜੰਗਲਾਂ ਵਿਚ ਪਰਮਾਤਮਾ ਨੂੰ ਢੂੰਡ ਰਹੇ ਹਨ, ਪਰ ਸਿਆਣੇ ਸੁਘੜ ਉਹ ਹਨ ਜੋ ਸਤਿਗੁਰੂ ਦੀ ਸ਼ਰਨ ਪੈ ਕੇ

ਅੰਦਰ ਵੱਸਦੇ ਪ੍ਰਭੂ ਦੀ ਯਾਦ ਵਿਚ ਜੁੜਦੇ ਹਨ ।

(੧੩) ਪ੍ਰਭੂ ਦੀ ਦਰਗਾਹ ਦਾ ਨਿਆਂ ਅਭੁੱਲ ਹੈ, ਉਸ ਦੇ ਦਰ ਤੇ ਵਿਤਕਰਾ ਨਹੀਂ ਹੈ, ਓਥੇ 'ਵਰਨਾਂ' ਦੀ ਵੰਡ ਨਹੀਂ ਹੈ, ਕਿਸੇ ਭੀ ਕੁਲ ਵਿਚ ਜੰਮਿਆ ਹੋਇਆ ਹੋਵੇ, ਜੋ ਭੀ ਮਨੁੱਖ ਗੁਰੂ ਦੇ ਸਨਮੁਖ ਹੋ ਕੇ ਸਿਮਰਨ ਕਰਦਾ ਹੈ, ਉਸ ਦੇ ਅੰਦਰੋਂ ਉੱਚੀ ਨੀਵੀਂ ਜਾਤਿ ਤੇ ਮੇਰ-ਤੇਰ ਵਾਲੇ ਵਿਤਕਰੇ ਦੂਰ ਹੋ ਜਾਂਦੇ ਹਨ ।

(੧੪) ਕਈ ਲੋਕ ਅਠਾਹਠ ਤੀਰਥਾਂ ਤੇ ਜਾ ਕੇ ਇਸ਼ਨਾਨ ਕਰਦੇ ਹਨ, ਕਈ ਕਈ ਜੁਗਤੀਆਂ ਵਰਤਦੇ ਹਨ ਤੇ ਦਾਨ ਪੁੰਨ ਕਰਦੇ ਹਨ, ਪਰ, ਪ੍ਰਭੂ ਦੀ ਹਜ਼ੂਰੀ ਵਿਚ ਆਦਰ ਉਸ ਮਨੁੱਖ ਨੂੰ ਮਿਲਦਾ ਹੈ ਜੋ ਗੁਰੂ ਦੇ ਸਨਮੁਖ ਰਹਿ ਕੇ ਨਾਮ ਜਪਦਾ ਹੈ, ਨਾਮ ਦੀ ਬਰਕਤਿ ਨਾਲ ਵਿਕਾਰਾਂ ਤੋਂ ਬਚ ਕੇ ਉਸ ਮਨੁੱਖ ਦੀ ਇੱਜ਼ਤ ਬਣੀ ਰਹਿੰਦੀ ਹੈ ।

(੧੫) ਜਗਤ, ਮਾਨੋ, ਇਕ ਬਾਗ਼ ਹੈ ਜਿਸ ਵਿਚ ਸਾਰੇ ਜੀਵ ਇਸ ਬਾਗ਼ ਦੇ ਬੂਟੇ ਹਨ, ਪਰਮਾਤਮਾ ਆਪ ਇਹਨਾਂ ਬੂਟਿਆਂ ਨੂੰ ਲਾਣ ਵਾਲਾ ਹੈ, ਉਹ ਆਪ ਹੀ ਇਹਨਾਂ ਦੀ ਰਾਖੀ ਕਰਨ ਵਾਲਾ ਹੈ, ਪਰ ਉਸ ਮਾਲੀ ਦੀ ਵਡਿਆਈ ਇਹ ਹੈ ਕਿ ਉਸ ਨੂੰ ਰਤਾ ਭਰ ਵੀ ਕੋਈ ਤਮ੍ਹਾ ਨਹੀਂ ਹੈ ।

(੧੬) ਪਰਮਾਤਮਾ ਨੂੰ ਕੋਈ ਤਮ੍ਹਾ ਜਾਂ ਕਿਸੇ ਜੀਵ ਦੀ ਮੁਥਾਜੀ ਹੋਵੇ ਭੀ ਕਿਵੇਂ? ਇਹ ਸਾਰੇ ਜੀਵ ਉਸੇ ਦੇ ਆਪਣੇ ਬਣਾਏ ਹੋਏ ਹਨ ਤੇ ਉਸੇ ਦਾ ਦਿੱਤਾ ਖਾਂਦੇ ਹਨ । ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨ ਤੋਂ ਜੀਵ ਨੂੰ ਹੀ ਲਾਭ ਮਿਲਦਾ ਹੈ ਕਿ ਇਕ ਤਾਂ ਇਹ ਧਿਰ ਧਿਰ ਦੀ ਮੁਥਾਜੀ ਕਰਨੋਂ ਹਟ ਜਾਂਦਾ ਹੈ, ਦੂਜੇ, ਇਸ ਦੇ ਮਨ ਵਿਚੋਂ 'ਮੇਰ-ਤੇਰ' ਮਿਟ ਜਾਂਦੀ ਹੈ ।

(੧੭) ਤ੍ਰੁੱਠ ਕੇ ਪ੍ਰਭੂ ਜਿਸ ਮਨੁੱਖ ਨੂੰ ਗੁਰੂ ਮਿਲਾਂਦਾ ਹੈ, ਉਸ ਨੂੰ ਸਿਮਰਨ ਵਿਚ ਜੋੜਦਾ ਹੈ, ਜਿਸ ਦੀ ਬਰਕਤਿ ਨਾਲ ਉਹ ਵਿਕਾਰਾਂ ਤੋਂ ਬਚ ਕੇ ਇੱਜ਼ਤ ਵਾਲਾ ਜੀਊਣ ਜੀਊਂਦਾ ਹੈ ਤੇ ਜਨਮ ਮਰਨ ਦੇ ਗੇੜ ਵਿਚ ਨਹੀਂ ਆਉਂਦਾ ।

(੧੮) ਪ੍ਰਭੂ, ਮਾਨੋ, ਇਕ ਡੂੰਘਾ ਸਮੁੰਦਰ ਹੈ, ਉਹ ਕਿਤਨਾ ਵੱਡਾ ਹੈ—ਇਹ ਗੱਲ ਉਹ ਆਪ ਹੀ ਜਾਣਦਾ ਹੈ, ਮਾਇਆ ਦੀ ਰਚਨਾ ਰਚ ਕੇ ਪ੍ਰਭੂ ਇਸ ਮਾਇਆ ਤੋਂ ਵੱਖਰਾ ਨਿਰਲੇਪ ਭੀ ਹੈ । ਇਸ ਰਚਨਾ ਤੋਂ ਪਹਿਲਾਂ ਉਹ ਕਿਸ ਸਰੂਪ ਵਿਚ ਸੀ—ਇਹ ਗੱਲ ਭੀ ਉਹ ਆਪ ਹੀ ਜਾਣਦਾ ਹੈ ।

(੧੯) ਪਰਮਾਤਮਾ ਦੀ ਵਡਿਆਈ ਬਿਆਨ ਨਹੀਂ ਕੀਤੀ ਜਾ ਸਕਦੀ, ਉਸ ਨੇ ਰੰਗਾ ਰੰਗ ਦੀ ਇਹ ਐਸੀ ਰਚਨਾ ਰਚੀ ਹੈ ਕਿ ਹਉਮੈ ਦੇ ਆਸਰੇ ਹਰੇਕ ਜੀਵ ਏਥੇ ਆਪਣੇ ਆਪ ਨੂੰ ਸਿਆਣਾ ਤੇ ਚਤੁਰ ਸਮਝਦਾ ਹੈ । ਆਪੋ ਆਪਣੀ ਧੁਨਿ ਵਿਚ ਮਸਤ ਕੋਈ ਤਾਂ ਮੋਹਧਾਰੀ ਬਣਿਆ ਬੈਠਾ ਹੈ ਤੇ ਕੋਈ ਹੋਰਨਾਂ ਨੂੰ ਉਪਦੇਸ਼ ਕਰ ਰਿਹਾ ਹੈ, ਹਰੇਕ ਨੂੰ ਆਪੋ ਆਪਣੀ ਸਮਝ ਪਿਆਰੀ ਲੱਗਦੀ ਹੈ ।

(੨੦) ਪਰ, ਜਗਤ ਵਿਚ ਅਸਲ ਖੱਟੀ ਉਹਨਾਂ ਮਨੁੱਖਾਂ ਨੇ ਖੱਟੀ ਹੈ ਜੋ 'ਨਾਮ' ਸਿਮਰਦੇ ਹਨ, 'ਨਾਮ' ਉਹਨਾਂ ਨੂੰ ਐਸੀ ਆਤਮਕ ਖ਼ੁਰਾਕ ਮਿਲ ਗਈ ਹੈ ਕਿ ਦੁਨੀਆ ਦੇ ਹੋਰ ਸਾਰੇ ਪਦਾਰਥਾਂ ਵਲੋਂ ਉਹ ਰੱਜੇ ਰਹਿੰਦੇ ਹਨ, ਉਹੀ ਸੰਤ ਹਨ ਤੇ ਪ੍ਰਭੂ ਨੂੰ ਪਿਆਰੇ ਲੱਗਦੇ ਹਨ ।

(੨੧) ਇਹ ਦਿੱਸਦਾ ਜਗਤ ਪ੍ਰਭੂ ਨੇ ਆਪਣੇ ਹੀ ਨਿਰਗੁਣ ਸਰੂਪ ਤੋਂ ਰਚਿਆ ਹੈ, ਰੰਗਾ ਰੰਗ ਦੇ ਜੀਵ ਰਚੇ ਹਨ, ਏਥੇ ਕੋਈ ਤਿਆਗੀ ਅਖਵਾਉਂਦਾ ਹੈ, ਕੋਈ ਗ੍ਰਿਹਸਤੀ, ਸਭਨਾਂ ਦਾ ਆਸਰਾ ਪਰਨਾ ਪ੍ਰਭੂ ਆਪ ਹੈ, ਉਸ ਦੇ ਦਰ ਤੋਂ ਗਰੀਬੀ ਤੇ ਸੰਤਾਂ ਦੀ ਸੰਗਤਿ ਦਾ ਖ਼ੈਰ ਹੀ ਮੰਗਣਾ ਚਾਹੀਦਾ ਹੈ ।

ਸਮੁੱਚਾ ਭਾਵ:

(੧) ਜਿਸ ਮਨੁੱਖ ਉਤੇ ਪ੍ਰਭੂ ਦੀ ਸੁਵੱਲੀ ਨਜ਼ਰ ਹੁੰਦੀ ਹੈ, ਉਸ ਨੂੰ ਸਿਫ਼ਤਿ-ਸਾਲਾਹ ਦੀ ਦਾਤਿ ਮਿਲਦੀ ਹੈ, ਜਿਸ ਦੀ ਬਰਕਤਿ ਨਾਲ ਉਹ ਵਿਕਾਰਾਂ ਤੋਂ ਬਚਦਾ ਹੈ ਤੇ ਜੱਗ ਵਿਚ ਸੋਭਾ ਖੱਟਦਾ ਹੈ, ਦੁਨੀਆ ਵਾਲੀ ਉਸ ਨੂੰ ਕੋਈ ਭੁੱਖ ਰਹਿ ਨਹੀਂ ਜਾਂਦੀ, ਉਸ ਦਾ ਮਨ ਸਦਾ ਖਿੜਿਆ ਰਹਿੰਦਾ ਹੈ ਤੇ ਕੋਈ ਤੌਖਲਾ ਉਸ ਨੂੰ ਪੋਹ ਨਹੀਂ ਸਕਦਾ, ਕਿਉਂਕਿ ਉਸ ਦੇ ਮਾਇਆ ਵਾਲੇ ਸਾਰੇ ਬੰਧਨ ਟੁੱਟ ਜਾਂਦੇ ਹਨ (ਪਉੜੀ ਨੰ: ੧ ਤੋਂ ੪) ।

(੨) ਪਰ, ਸਿਫ਼ਤਿ-ਸਾਲਾਹ ਦੀ ਇਹ ਦਾਤਿ ਸਤਿਗੁਰੂ ਦੀ ਰਾਹੀਂ ਮਿਲਦੀ ਹੈ, ਇਹ ਜੁਗਤੀ ਪਰਮਾਤਮਾ ਨੇ ਆਪ ਹੀ ਜੀਵਾਂ ਦੇ ਭਲੇ ਲਈ ਬਣਾਈ ਹੈ, ਤੇ ਜੋ ਮਨੁੱਖ ਇਸ ਜੁਗਤਿ ਨੂੰ ਵਰਤਦਾ ਹੈ, ਉਸ ਨੂੰ ਦੁਨੀਆ ਵਾਲੀ ਦੌੜ-ਭੱਜ ਦੇ ਥਾਂ ਪ੍ਰਭੂ ਦੀ ਰਜ਼ਾ ਪਿਆਰੀ ਲੱਗਣ ਲੱਗ ਪੈਂਦੀ ਹੈ ।

ਜਗਤ, ਮਾਨੋ, ਇਕ ਸਮੁੰਦਰ ਹੈ ਜਿਸ ਵਿਚ ਮਾਇਕ ਵਿਕਾਰਾਂ ਦੀਆਂ ਠਾਠਾਂ ਪੈ ਰਹੀਆਂ ਹਨ, ਧਾਰਮਿਕ ਚਰਚਾ ਜਾਂ ਪਾਪ ਪੁੰਨ ਦੀਆਂ ਨਿਰੀਆਂ ਵਿਚਾਰਾਂ ਇਹਨਾਂ ਲਹਰਾਂ ਵਿਚ ਰੁੜ੍ਹਨ ਤੋਂ ਬਚਾ ਨਹੀਂ ਸਕਦੀਆਂ, ਏਥੇ ਤਾਂ ਗੁਰੂ ਦੀ ਸਰਨ ਪੈ ਕੇ ਸਿਫ਼ਤਿ-ਸਾਲਾਹ ਦੇ ਰਤਨ ਲੱਭਣੇ ਹਨ । ਜਿਵੇਂ ਪਾਰਸ ਹਰੇਕ ਧਾਤ ਨੂੰ ਸੋਨਾ ਬਣਾ ਦੇਂਦਾ ਹੈ; ਜਿਵੇਂ ਪਾਂਧਾ ਇੰਞਾਣੇ ਬਾਲਾਂ ਨੂੰ ਵਿੱਦਿਆ ਪੜ੍ਹ ਕੇ ਸਿਆਣੇ ਕਰ ਦੇਂਦਾ ਹੈ, ਤਿਵੇਂ ਸਤਿਗੁਰੂ ਭੀ ਸਿੱਖ ਦੇ ਮਨ ਨੂੰ, ਮਾਨੋ, ਸੁੱਧ ਸੋਨਾ ਕਰ ਦੇਂਦਾ ਹੈ, ਇਤਨੀ ਉੱਚੀ ਸਮਝ ਬਖ਼ਸ਼ਦਾ ਹੈ ਕਿ ਸਿੱਖ ਮਾਇਆ ਦੀ ਮਾਰ ਤੋਂ ਬਚ ਜਾਂਦਾ ਹੈ ।

ਫਿਰ ਭੀ, ਲੋਕ ਟਪਲੇ ਖਾਈ ਜਾ ਰਹੇ ਹਨ, ਕੋਈ ਦੇਵੀ ਦੇਵਤਿਆਂ ਦੀ ਪੂਜਾ ਵਿਚ ਲੱਗਾ ਪਿਆ ਹੈ, ਕੋਈ ਸ਼ਾਸਤ੍ਰਾਰਥ ਵਿਚ ਮਸਤ ਹੈ, ਕੋਈ ਜੰਗਲਾਂ ਵਿਚ ਰੱਬ ਨੂੰ ਲੱਭ ਰਿਹਾ ਹੈ, ਕੋਈ ਜਾਤਾਂ ਤੇ ਵਰਨ ਬਣਾ ਬਣਾ ਕੇ ਵਿਤਕਰੇ ਵਧਾ ਰਿਹਾ ਹੈ, ਕੋਈ ਤੀਰਥਾਂ ਤੇ ਇਸ਼ਨਾਨ ਦਾਨ ਪੁੰਨ ਕਰਦਾ ਫਿਰਦਾ ਹੈ । ਪਰ, ਸੁਘੜ ਸਿਆਣੇ ਉਹ ਹਨ ਜੋ ਕਿਰਤ-ਕਾਰ ਕਰਦੇ ਹੋਏ ਹੀ ਗੁਰੂ ਦੇ ਰਾਹ ਤੇ ਤੁਰ ਕੇ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦੇ ਹਨ, ਇਹ ਸਿਫ਼ਤਿ-ਸਾਲਾਹ ਹੀ ਵਿਕਾਰਾਂ ਤੋਂ ਬਚਾ ਸਕਦੀ ਹੈ (ਪਉੜੀ ਨੰ: ੫ ਤੋਂ ੧੪) ।

(੩) (ਇਥੇ ਇਹ ਭੀ ਚੇਤੇ ਰੱਖਣਾ ਜ਼ਰੂਰੀ ਹੈ ਕਿ) ਇਸ ਬੰਦਗੀ ਤੇ ਸਿਫ਼ਤਿ-ਸਾਲਾਹ ਦੀ ਪਰਮਾਤਮਾ ਨੂੰ ਕੋਈ ਲੋੜ ਨਹੀਂ, ਉਸ ਨੂੰ ਨਾਹ ਕੋਈ ਤਮ੍ਹਾ ਹੈ ਨਾਹ ਕਿਸੇ ਦੀ ਕੋਈ ਮੁਥਾਜੀ ਹੈ । ਇਹ ਜੁਗਤਿ ਮਨੁੱਖ ਦੇ ਆਪਣੇ ਭਲੇ ਵਾਸਤੇ ਹੈ, ਬੰਦਗੀ ਦੀ ਬਰਕਤਿ ਨਾਲ ਇਹ ਧਿਰ ਧਿਰ ਦੀ ਮੁਥਾਜੀ ਤੋਂ ਹਟ ਜਾਂਦਾ ਹੈ, 'ਮੇਰ-ਤੇਰ' ਮਿਟ ਜਾਂਦੀ ਹੈ, ਤੇ ਵਿਕਾਰਾਂ ਤੋਂ ਬਚ ਕੇ ਇੱਜ਼ਤ ਵਾਲਾ ਜੀਵਨ ਗੁਜ਼ਾਰਦਾ ਹੈ (ਪਉੜੀ ਨੰ: ੧੫ ਤੋਂ ੧੭) ।

(੪) ਪਰਮਾਤਮਾ ਕਿਹੋ ਜਿਹਾ ਹੈ ਤੇ ਕੇਡਾ ਵੱਡਾ ਹੈ—ਅਜੇਹੀਆਂ ਸਿਆਣਪ ਤੇ ਚਤੁਰਾਈ ਦੀਆਂ ਵਿਚਾਰਾਂ ਭੀ ਵਿਅਰਥ ਹਨ, ਮਨੁੱਖ ਦੀ ਸਮਝ ਤੋਂ ਇਹ ਗੱਲਾਂ ਪਰੇ ਦੀਆਂ ਹਨ । ਅਸਲ ਖੱਟੀ ਕਮਾਈ 'ਸਿਮਰਨ' ਹੀ ਹੈ, ਜੋ ਗਰੀਬੀ ਸੁਭਾਉ ਵਿਚ ਸਤਸੰਗ ਦੀ ਬਰਕਤਿ ਨਾਲ ਮਿਲਦਾ ਹੈ (ਪਉੜੀ ਨੰ: ੧੮ ਤੋਂ ੨੧) ।

ਮੁੱਖ ਭਾਵ:

ਜਗਤ ਦੀਆਂ ਵਿਕਾਰਾਂ ਦੀਆਂ ਲਹਿਰਾਂ ਤੋਂ ਮਨੁੱਖ ਨੂੰ ਕੇਵਲ ਸਿਫ਼ਤਿ-ਸਾਲਾਹ ਹੀ ਬਚਾ ਸਕਦੀ ਹੈ,

ਅੱਨ ਦੇਵ-ਪੂਜਾ, ਸ਼ਾਸਤ੍ਰਾਰਥ, ਜੰਗਲ-ਵਾਸ, ਤੀਰਥ-ਇਸ਼ਨਾਨ ਆਦਿਕ ਕੋਈ ਕਰਮ-ਧਰਮ ਇਸ ਦਾ ਸਹਾਈ ਨਹੀਂ ਹੋ ਸਕਦਾ । ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ ਮਨੁੱਖ ਦੇ ਅੰਦਰੋਂ ਮੁਥਾਜੀ ਤੇ ਮੇਰ-ਤੇਰ ਮਿਟ ਜਾਂਦੀ ਹੈ, ਇਸ ਦੀ ਅਸਲ ਖੱਟੀ-ਕਮਾਈ ਹੈ ਹੀ ਸਿਮਰਨ ਤੇ ਸਿਫ਼ਤਿ-ਸਾਲਾਹ ।

'ਵਾਰ' ਦੀ ਬਣਤਰ

ਇਹ 'ਵਾਰ' ਗੁਰੂ ਰਾਮਦਾਸ ਜੀ ਦੀ ਉਚਾਰੀ ਹੋਈ ਹੈ, ਇਸ ਵਿਚ ੨੧ ਪਉੜੀਆਂ ਹਨ । ਬਾਰ੍ਹਵੀਂ ਪਉੜੀ ਤੋਂ ਬਿਨਾ ਬਾਕੀ ਹਰੇਕ ਪਉੜੀ ਦੇ ਨਾਲ ਦੋ ਦੋ ਸਲੋਕ ਹਨ, ਉਸ ਨਾਲ ੩ ਸਲੋਕ ਹਨ । ਸਲੋਕਾਂ ਦਾ ਕੁੱਲ ਜੋੜ ੪੩ ਹੈ; ਵੇਰਵਾ ਇਉਂ ਹੈ:

ਸਲੋਕ ਮ: ੩ — ੩੩
ਸਲੋਕ ਮ: ੪ — ੨
ਸਲੋਕ ਮ: ੧ — ੫
ਸਲੋਕ ਮ: ੫ — ੨
ਸਲੋਕ ਕਬੀਰ ਜੀ — ੧
. . . . ——
. . . ਜੋੜ . . . ੪੩

'ਵਾਰ' ਦਾ ਸਿਰ-ਲੇਖ ਹੈ "ਬਿਹਾਗੜੇ ਕੀ ਵਾਰ ਮਹਲਾ ੪" 'ਵਾਰ ਦੀਆਂ' ਪਉੜੀਆਂ ਨਾਲ ਵਰਤੇ ਹੋਏ ੪੩ ਸਲੋਕਾਂ ਵਿਚੋਂ ਸਿਰਫ਼ ੨ ਸਲੋਕ ਗੁਰੂ ਰਾਮਦਾਸ ਜੀ ਦੇ ਆਪਣੇ ਹਨ । ਸਾਰੇ ਦੇ ਸਾਰੇ ਹੀ ਸਲੋਕ ਹੋਰ ਹੋਰ ਗੁਰ-ਵਿਅਕਤੀਆਂ ਦੇ ਹਨ, 'ਵਾਰ' ਸਿਰਫ਼ 'ਪਉੜੀਆਂ' ਦੇ ਸਮੂਹ ਨੂੰ ਕਿਹਾ ਜਾ ਰਿਹਾ ਹੈ ।

ਜੇ ਇਹ ਗੱਲ ਸਾਬਤ ਹੋ ਸਕਦੀ ਕਿ ਗੁਰੂ ਰਾਮਦਾਸ ਜੀ ਨੇ ਇਹ 'ਵਾਰ' ਉਚਾਰਨ ਤੇ ਲਿਖਣ ਵੇਲੇ ਗੁਰੂ ਨਾਨਕ ਦੇਵ ਜੀ ਅਤੇ ਗੁਰੂ ਅਮਰਦਾਸ ਜੀ ਦੇ ਉਚਾਰੇ ਹੋਏ ਸਲੋਕ ਇਹਨਾਂ ਪਉੜੀਆਂ ਨਾਲ ਆਪ ਹੀ ਲਿਖੇ ਸਨ ਤਾਂ ਇਸ ਵਿਚੋਂ ਇਕ ਅਜੀਬ ਸੁਆਦਲਾ ਸਿੱਟਾ ਨਿਕਲ ਆਉਂਦਾ ਹੈ ਕਿ ਗੁਰੂ ਰਾਮਦਾਸ ਜੀ ਦੇ ਪਾਸ ਆਪਣੇ ਤੋਂ ਪਹਿਲੇ ਗੁਰੂ ਸਾਹਿਬਾਨ ਦੀ 'ਬਾਣੀ' ਮੌਜੂਦ ਸੀ । ਪਰ, ਗੁਰੂ ਰਾਮਦਾਸ ਜੀ ਨੇ ਆਪ ਹੀ ਇਹ ਸਲੋਕ ਦਰਜ ਨਹੀਂ ਕੀਤੇ; ਨਹੀਂ ਤਾਂ ਉਹ ਪਉੜੀ ਨੰ: ੧੪ ਨੂੰ ਖ਼ਾਲੀ ਨਾਹ ਰਹਿਣ ਦੇਂਦੇ, ਇਸ ਪਉੜੀ ਨਾਲ ਦੋਵੇਂ ਸਲੋਕ ਗੁਰੂ ਅਰਜਨ ਸਾਹਿਬ ਜੀ ਦੇ ਹਨ ਜੋ ਗੁਰੂ ਅਰਜਨ ਸਾਹਿਬ ਹੀ ਦਰਜ ਕਰ ਸਕਦੇ ਸਨ ।

ਸੋ, ਪਹਿਲੇ ਸਰੂਪ ਵਿਚ ਅਸਲ 'ਵਾਰ' ਸਿਰਫ਼ 'ਪਉੜੀਆਂ' ਹੀ ਸੀ ।

ੴ ਸਤਿਗੁਰ ਪ੍ਰਸਾਦਿ ॥ ਸਲੋਕ ਮਃ ੩ ॥ ਗੁਰ ਸੇਵਾ ਤੇ ਸੁਖੁ ਪਾਈਐ ਹੋਰ ਥੈ ਸੁਖੁ ਨ ਭਾਲਿ ॥ ਗੁਰ ਕੈ ਸਬਦਿ ਮਨੁ ਭੇਦੀਐ ਸਦਾ ਵਸੈ ਹਰਿ ਨਾਲਿ ॥ ਨਾਨਕ ਨਾਮੁ ਤਿਨਾ ਕਉ ਮਿਲੈ ਜਿਨ ਹਰਿ ਵੇਖੈ ਨਦਰਿ ਨਿਹਾਲਿ ॥੧॥ {ਪੰਨਾ 548}

ਪਦਅਰਥ:- ਭੇਦੀਐ—ਵਿੰਨ੍ਹੀਏ, ਪ੍ਰੋ ਦੇਈਏ ।

ਅਰਥ:- (ਹੇ ਜੀਵ!) ਸੁਖ ਸਤਿਗੁਰੂ ਦੀ ਸੇਵਾ ਤੋਂ (ਹੀ) ਮਿਲਦਾ ਹੈ ਕਿਸੇ ਹੋਰ ਥਾਂ ਸੁਖ ਨਾਹ ਢੂੰਢ,

(ਕਿਉਂਕਿ) ਸਤਿਗੁਰੂ ਦੇ ਸ਼ਬਦ ਵਿਚ (ਜਦੋਂ) ਮਨ ਨੂੰ ਪ੍ਰੋ ਦੇਈਏ (ਤਦੋਂ ਇਹ ਸਮਝ ਪੈ ਜਾਂਦੀ ਹੈ, ਸੁਖ-ਦਾਤਾ) ਹਰੀ ਸਦਾ ਅੰਗ ਸੰਗ ਵੱਸਦਾ ਹੈ ।

ਹੇ ਨਾਨਕ! (ਹਰੀ ਦਾ ਸੁਖ-ਦਾਈ) ਨਾਮ ਉਹਨਾਂ ਨੂੰ ਮਿਲਦਾ ਹੈ, ਜਿਨ੍ਹਾਂ ਨੂੰ ਮੇਹਰ ਦੀ ਨਜ਼ਰ ਨਾਲ ਵੇਖਦਾ ਹੈ ।੧।

ਮਃ ੩ ॥ ਸਿਫਤਿ ਖਜਾਨਾ ਬਖਸ ਹੈ ਜਿਸੁ ਬਖਸੈ ਸੋ ਖਰਚੈ ਖਾਇ ॥ ਸਤਿਗੁਰ ਬਿਨੁ ਹਥਿ ਨ ਆਵਈ ਸਭ ਥਕੇ ਕਰਮ ਕਮਾਇ ॥ ਨਾਨਕ ਮਨਮੁਖੁ ਜਗਤੁ ਧਨਹੀਣੁ ਹੈ ਅਗੈ ਭੁਖਾ ਕਿ ਖਾਇ ॥੨॥ {ਪੰਨਾ 548}

ਅਰਥ:- ਹਰੀ ਦੀ ਸਿਫ਼ਤਿ-ਸਾਲਾਹ (ਰੂਪ) ਖ਼ਜ਼ਾਨਾ (ਹਰੀ ਦੀ) ਬਖ਼ਸ਼ਸ਼ ਹੈ (ਭਾਵ, ਬਖ਼ਸ਼ਸ਼ ਤੋਂ ਹੀ ਮਿਲਦਾ ਹੈ), ਜਿਸ ਨੂੰ ਬਖ਼ਸ਼ਦਾ ਹੈ ਉਹ ਆਪ ਖਾਂਦਾ ਹੈ (ਭਾਵ, ਸਿਫ਼ਤਿ-ਸਾਲਾਹ ਦਾ ਆਨੰਦ ਲੈਂਦਾ ਹੈ) ਤੇ ਖ਼ਰਚਦਾ ਹੈ (ਭਾਵ, ਹੋਰਨਾਂ ਨੂੰ ਸਿਫ਼ਤਿ ਕਰਨੀ ਸਿਖਾਉਂਦਾ ਹੈ), (ਪਰ ਇਹ ਬਖ਼ਸ਼ਸ਼) ਸਤਿਗੁਰੂ ਤੋਂ ਬਿਨਾਂ ਮਿਲਦੀ ਨਹੀਂ, (ਸਤਿਗੁਰੂ ਦੀ ਓਟ ਛੱਡ ਕੇ ਹੋਰ) ਕਰਮ ਬਥੇਰੇ ਲੋਕ ਕਰ ਕੇ ਥੱਕ ਗਏ ਹਨ (ਪਰ ਇਹ ਦਾਤਿ ਨਹੀਂ ਮਿਲੀ) ।

ਹੇ ਨਾਨਕ! ਮਨ ਦੇ ਅਧੀਨ (ਤੇ ਸਤਿਗੁਰੂ ਤੋਂ ਭੁੱਲਾ) ਹੋਇਆ ਸੰਸਾਰ (ਇਥੇ ਇਸ ਸਿਫ਼ਤਿ-ਰੂਪ) ਧਨ ਤੋਂ ਸੱਖਣਾ ਹੈ, ਭੁੱਖਾ ਅਗੇ ਕੀਹ ਖਾਵੇਗਾ? (ਭਾਵ, ਜੋ ਮਨੁੱਖ ਹੁਣ ਮਨੁੱਖਾ ਜਨਮ ਵਿਚ ਨਾਮ ਨਹੀਂ ਜਪਦੇ, ਉਹ ਇਹ ਜਨਮ ਗਵਾ ਕੇ ਕਿਵੇਂ ਜਪਣਗੇ?) ।੨।

ਪਉੜੀ ॥ ਸਭ ਤੇਰੀ ਤੂ ਸਭਸ ਦਾ ਸਭ ਤੁਧੁ ਉਪਾਇਆ ॥ ਸਭਨਾ ਵਿਚਿ ਤੂ ਵਰਤਦਾ ਤੂ ਸਭਨੀ ਧਿਆਇਆ ॥ ਤਿਸ ਦੀ ਤੂ ਭਗਤਿ ਥਾਇ ਪਾਇਹਿ ਜੋ ਤੁਧੁ ਮਨਿ ਭਾਇਆ ॥ ਜੋ ਹਰਿ ਪ੍ਰਭ ਭਾਵੈ ਸੋ ਥੀਐ ਸਭਿ ਕਰਨਿ ਤੇਰਾ ਕਰਾਇਆ ॥ ਸਲਾਹਿਹੁ ਹਰਿ ਸਭਨਾ ਤੇ ਵਡਾ ਜੋ ਸੰਤ ਜਨਾਂ ਕੀ ਪੈਜ ਰਖਦਾ ਆਇਆ ॥੧॥ {ਪੰਨਾ 548}

ਪਦਅਰਥ:- ਤੂ (ਸਭਨੀ ਧਿਆਇਆ)—ਤੈਨੂੰ ।

ਅਰਥ:- ਹੇ ਪ੍ਰਭੂ! ਸਾਰੀ ਸ੍ਰਿਸ਼ਟੀ ਤੇਰੀ ਹੈ, ਤੂੰ ਸਭਨਾਂ ਦਾ ਮਾਲਕ ਹੈਂ, ਸਭਨਾਂ ਨੂੰ ਤੂੰ ਹੀ ਪੈਦਾ ਕੀਤਾ ਹੈ, ਸਾਰਿਆਂ (ਜੀਵਾਂ) ਵਿਚ ਤੂੰ ਵਿਆਪਕ ਹੈਂ, ਤੇ ਸਭ ਤੇਰਾ ਸਿਮਰਨ ਕਰਦੇ ਹਨ, ਜੋ ਮਨੁੱਖ ਤੈਨੂੰ ਮਨ ਵਿਚ ਪਿਆਰਾ ਲੱਗਦਾ ਹੈ, ਉਸ ਦੀ ਭਗਤੀ ਤੂੰ ਕਬੂਲ ਕਰਦਾ ਹੈਂ । ਹੇ ਹਰੀ ਪ੍ਰਭੂ! ਜੋ ਤੈਨੂੰ ਚੰਗਾ ਲੱਗਦਾ ਹੈ ਸੋ (ਸੰਸਾਰ ਵਿਚ) ਹੁੰਦਾ ਹੈ, ਸਾਰੇ ਜੀਵ ਤੇਰਾ ਕਰਾਇਆ ਕਰਦੇ ਹਨ । (ਹੇ ਭਾਈ!) ਜੋ ਹਰੀ (ਮੁੱਢ ਤੋਂ) ਭਗਤਾਂ ਦੀ ਲਾਜ ਰੱਖਦਾ ਆਇਆ ਹੈ ਤੇ ਸਭ ਤੋਂ ਵੱਡਾ ਹੈ, ਉਸ ਦੀ ਸਿਫ਼ਤਿ-ਸਾਲਾਹ ਕਰੋ ।੧।

ਸਲੋਕ ਮਃ ੩ ॥ ਨਾਨਕ ਗਿਆਨੀ ਜਗੁ ਜੀਤਾ ਜਗਿ ਜੀਤਾ ਸਭੁ ਕੋਇ ॥ ਨਾਮੇ ਕਾਰਜ ਸਿਧਿ ਹੈ ਸਹਜੇ ਹੋਇ ਸੁ ਹੋਇ ॥ ਗੁਰਮਤਿ ਮਤਿ ਅਚਲੁ ਹੈ ਚਲਾਇ ਨ ਸਕੈ ਕੋਇ ॥ ਭਗਤਾ ਕਾ ਹਰਿ ਅੰਗੀਕਾਰੁ ਕਰੇ ਕਾਰਜੁ ਸੁਹਾਵਾ ਹੋਇ ॥ {ਪੰਨਾ 548}

ਪਦਅਰਥ:- ਜਗਿ—ਜਗਤ ਨੇ । ਸਭੁ ਕੋਇ—ਹਰੇਕ ਜੀਵ ਨੂੰ । ਸਿਧਿ—ਸਫਲਤਾ, ਕਾਮਯਾਬੀ ।

ਕਾਰਜ ਸਿਧਿ—ਕਾਰਜ ਦੀ ਸਿੱਧੀ । ਅੰਗੀਕਾਰੁ—ਪੱਖ, ਸਹੈਤਾ ।

ਅਰਥ:- ਹੇ ਨਾਨਕ! ਗਿਆਨਵਾਨ ਮਨੁੱਖ ਨੇ ਸੰਸਾਰ ਨੂੰ (ਭਾਵ, ਮਾਇਆ ਦੇ ਮੋਹ ਨੂੰ) ਜਿੱਤ ਲਿਆ ਹੈ, (ਤੇ ਗਿਆਨੀ ਤੋਂ ਬਿਨਾ) ਹਰ ਇਕ ਮਨੁੱਖ ਨੂੰ ਸੰਸਾਰ ਨੇ ਜਿੱਤਿਆ ਹੈ, (ਗਿਆਨੀ ਦੇ) ਅਸਲੀ ਕਰਨ ਵਾਲੇ ਕੰਮ (ਭਾਵ, ਮਨੁੱਖਾ ਜਨਮ ਨੂੰ ਸਵਾਰਨ) ਦੀ ਸਫਲਤਾ ਨਾਮ ਜਪਣ ਨਾਲ ਹੀ ਹੁੰਦੀ ਹੈ ਉਸ ਨੂੰ ਇਉਂ ਜਾਪਦਾ ਹੈ ਕਿ ਜੋ ਕੁਝ ਹੋ ਰਿਹਾ ਹੈ, ਪ੍ਰਭੂ ਦੀ ਰਜ਼ਾ ਵਿਚ ਹੋ ਰਿਹਾ ਹੈ । ਸਤਿਗੁਰੂ ਦੀ ਮੱਤ ਤੇ ਤੁਰਿਆਂ (ਗਿਆਨੀ ਮਨੁੱਖ ਦੀ) ਮੱਤ ਪੱਕੀ ਹੋ ਜਾਂਦੀ ਹੈ, ਕੋਈ (ਮਾਇਕ ਵਿਹਾਰ) ਉਸ ਨੂੰ ਡੁਲਾ ਨਹੀਂ ਸਕਦਾ (ਉਸ ਨੂੰ ਨਿਸਚਾ ਹੁੰਦਾ ਹੈ ਕਿ) ਪ੍ਰਭੂ ਭਗਤਾਂ ਦਾ ਸਾਥ ਨਿਭਾਉਂਦਾ ਹੈ (ਤੇ ਉਹਨਾਂ ਦਾ ਹਰੇਕ) ਕੰਮ ਰਾਸ ਆ ਜਾਂਦਾ ਹੈ ।

ਮਨਮੁਖ ਮੂਲਹੁ ਭੁਲਾਇਅਨੁ ਵਿਚਿ ਲਬੁ ਲੋਭੁ ਅਹੰਕਾਰੁ ॥ ਝਗੜਾ ਕਰਦਿਆ ਅਨਦਿਨੁ ਗੁਦਰੈ ਸਬਦਿ ਨ ਕਰੈ ਵੀਚਾਰੁ ॥ ਸੁਧਿ ਮਤਿ ਕਰਤੈ ਹਿਰਿ ਲਈ ਬੋਲਨਿ ਸਭੁ ਵਿਕਾਰੁ ॥ ਦਿਤੈ ਕਿਤੈ ਨ ਸੰਤੋਖੀਅਨਿ ਅੰਤਰਿ ਤ੍ਰਿਸਨਾ ਬਹੁਤੁ ਅਗ੍ਯ੍ਯਾਨੁ ਅੰਧਾਰੁ ॥ ਨਾਨਕ ਮਨਮੁਖਾ ਨਾਲਹੁ ਤੁਟੀਆ ਭਲੀ ਜਿਨਾ ਮਾਇਆ ਮੋਹਿ ਪਿਆਰੁ ॥੧॥ {ਪੰਨਾ 549}

ਨੋਟ:- ਗਉੜੀ ਕੀ ਵਾਰ ਮ: ੪ ਦੀ ਪਉੜੀ ਨੰ: ੩੧ ਦਾ ਪਹਿਲਾ ਸਲੋਕ ਭੀ ਇਹੀ ਹੈ । ਪਰ ਓਥੇ ਇਹ ਸਲੋਕ ਮਹਲੇ ਚੌਥੇ ਦਾ ਕਰ ਕੇ ਲਿਖਿਆ ਹੈ, ਲਗਾਂ ਮਾਤ੍ਰਾਂ ਦਾ ਥੋੜਾ ਜਿਹਾ ਇਸ ਨਾਲੋਂ ਫ਼ਰਕ ਹੈ ।

ਅਰਥ:- ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਪ੍ਰਭੂ ਤੋਂ ਭੁੱਲੇ ਹੋਏ ਹਨ, ਕਿਉਂਕਿ ਉਹਨਾਂ ਦੇ ਅੰਦਰ ਲੱਬ ਲੋਭ ਤੇ ਅਹੰਕਾਰ ਹੈ । ਉਹਨਾਂ ਦਾ ਹਰੇਕ ਦਿਨ (ਲੱਬ ਲੋਭ ਆਦਿਕ ਸੰਬੰਧੀ) ਝਗੜਾ ਕਰਦਿਆਂ ਗੁਜ਼ਰਦਾ ਹੈ, ਉਹ ਗੁਰੂ ਦੇ ਸ਼ਬਦ ਵਿਚ ਵਿਚਾਰ ਨਹੀਂ ਕਰਦੇ । ਕਰਤਾਰ ਨੇ ਉਹਨਾਂ ਮਨਮੁਖਾਂ ਦੀ ਹੋਸ਼ ਤੇ ਅਕਲ ਖੋਹ ਲਈ ਹੈ ਉਹ ਨਿਰੇ ਵਿਕਾਰਾਂ ਦੇ ਬਚਨ ਹੀ ਬੋਲਦੇ ਹਨ, ਉਹ ਕਿਸੇ ਭੀ ਦਾਤਿ ਦੇ ਮਿਲਣ ਤੇ ਰੱਜਦੇ ਨਹੀਂ ਕਿਉਂਕਿ ਉਹਨਾਂ ਦੇ ਮਨ ਵਿਚ ਬੜੀ ਤ੍ਰਿਸ਼ਨਾ ਅਗਿਆਨ ਤੇ ਹਨੇਰਾ ਹੈ ।

ਹੇ ਨਾਨਕ! (ਅਜੇਹੇ) ਮਨਮੁਖਾਂ ਨਾਲੋਂ ਸੰਬੰਧ ਟੁੱਟਾ ਹੋਇਆ ਹੀ ਚੰਗਾ ਹੈ, ਕਿਉਂਕਿ ਉਹਨਾਂ ਦਾ ਪਿਆਰ ਤਾਂ ਮਾਇਆ ਦੇ ਮੋਹ ਵਿਚ ਹੈ ।੧।

ਮਃ ੩ ॥ ਤਿਨ੍ ਭਉ ਸੰਸਾ ਕਿਆ ਕਰੇ ਜਿਨ ਸਤਿਗੁਰੁ ਸਿਰਿ ਕਰਤਾਰੁ ॥ ਧੁਰਿ ਤਿਨ ਕੀ ਪੈਜ ਰਖਦਾ ਆਪੇ ਰਖਣਹਾਰੁ ॥ {ਪੰਨਾ 549}

ਅਰਥ:- ਜਿਨ੍ਹਾਂ ਦੇ ਸਿਰ ਪ੍ਰਭੂ ਤੇ ਗੁਰੂ ਹੈ (ਭਾਵ, ਜੋ ਪ੍ਰਭੂ ਤੇ ਗੁਰੂ ਨੂੰ ਰਾਖਾ ਸਮਝਦੇ ਹਨ), ਡਰ ਤੇ ਚਿੰਤਾ ਉਹਨਾਂ ਦਾ ਕੀਹ ਵਿਗਾੜ ਸਕਦੇ ਹਨ? ਰੱਖਿਆ ਕਰਨ ਵਾਲਾ ਪ੍ਰਭੂ ਆਪ ਉਹਨਾਂ ਦੀ ਲਾਜ ਸਦਾ ਤੋਂ ਰੱਖਦਾ ਆਇਆ ਹੈ ।

ਮਿਲਿ ਪ੍ਰੀਤਮ ਸੁਖੁ ਪਾਇਆ ਸਚੈ ਸਬਦਿ ਵੀਚਾਰਿ ॥ ਨਾਨਕ ਸੁਖਦਾਤਾ ਸੇਵਿਆ ਆਪੇ ਪਰਖਣਹਾਰੁ ॥੨॥ {ਪੰਨਾ 549}

ਅਰਥ:- ਹੇ ਨਾਨਕ! ਜੋ ਸੁਖਦਾਤਾ ਪ੍ਰਭੂ ਆਪ ਹੀ (ਸਭ ਦੀ) ਪਰਖ ਕਰਨ ਵਾਲਾ ਹੈ ਉਸ ਦੀ ਉਹ

ਸੇਵਾ ਕਰਦੇ ਹਨ, ਤੇ (ਇਸ ਤਰ੍ਹਾਂ) ਸੱਚੇ ਸ਼ਬਦ ਦੀ ਰਾਹੀਂ ਵੀਚਾਰ ਕਰ ਕੇ ਤੇ ਹਰੀ ਪ੍ਰੀਤਮ ਨੂੰ ਮਿਲ ਕੇ ਸੁਖ ਪਾਉਂਦੇ ਹਨ ।੨।

ਪਉੜੀ ॥ ਜੀਅ ਜੰਤ ਸਭਿ ਤੇਰਿਆ ਤੂ ਸਭਨਾ ਰਾਸਿ ॥ ਜਿਸ ਨੋ ਤੂ ਦੇਹਿ ਤਿਸੁ ਸਭੁ ਕਿਛੁ ਮਿਲੈ ਕੋਈ ਹੋਰੁ ਸਰੀਕੁ ਨਾਹੀ ਤੁਧੁ ਪਾਸਿ ॥ ਤੂ ਇਕੋ ਦਾਤਾ ਸਭਸ ਦਾ ਹਰਿ ਪਹਿ ਅਰਦਾਸਿ ॥ ਜਿਸ ਦੀ ਤੁਧੁ ਭਾਵੈ ਤਿਸ ਦੀ ਤੂ ਮੰਨਿ ਲੈਹਿ ਸੋ ਜਨੁ ਸਾਬਾਸਿ ॥ ਸਭੁ ਤੇਰਾ ਚੋਜੁ ਵਰਤਦਾ ਦੁਖੁ ਸੁਖੁ ਤੁਧੁ ਪਾਸਿ ॥੨॥ {ਪੰਨਾ 549}

ਅਰਥ:- ਹੇ ਹਰੀ! ਸਾਰੇ ਜੀਅ ਜੰਤ ਤੇਰੇ ਹਨ, ਤੂੰ ਸਭਨਾਂ ਦਾ ਖ਼ਜ਼ਾਨਾ ਹੈਂ, ਜਿਸ ਮਨੁੱਖ ਨੂੰ ਤੂੰ (ਆਪਣੇ ਨਾਮ ਦੀ) ਦਾਤਿ ਬਖ਼ਸ਼ਦਾ ਹੈਂ, ਉਸ ਨੂੰ (ਮਾਨੋ) ਹਰੇਕ ਸ਼ੈ ਮਿਲ ਜਾਂਦੀ ਹੈ (ਕਿਉਂਕਿ ਰੋਕਣ ਵਾਲਾ) ਹੋਰ ਕੋਈ ਤੇਰਾ ਸ਼ਰੀਕ ਤੇਰੇ ਕੋਲ ਨਹੀਂ ਹੈ, ਤੂੰ ਇਕੱਲਾ ਆਪ ਸਭਨਾਂ ਦਾ ਦਾਤਾ ਹੈਂ (ਇਸ ਕਰ ਕੇ) ਹੇ ਹਰੀ! (ਸਭ ਜੀਵਾਂ ਦੀ) ਤੇਰੇ ਅੱਗੇ ਹੀ ਬੇਨਤੀ ਹੁੰਦੀ ਹੈ; ਜਿਸਦੀ ਬੇਨਤੀ ਤੈਨੂੰ ਚੰਗੀ ਲਗੇ, ਉਸਦੀ ਤੂੰ ਪ੍ਰਵਾਨ ਕਰ ਲੈਂਦਾ ਹੈਂ ਤੇ ਉਸ ਮਨੁੱਖ ਨੂੰ ਸ਼ਾਬਾਸ਼ੇ ਮਿਲਦੀ ਹੈ । ਇਹ ਸਾਰਾ ਤੇਰਾ ਹੀ ਕੌਤਕ ਵਰਤ ਰਿਹਾ ਹੈ, (ਸਭਨਾਂ ਦਾ) ਦੁੱਖ ਤੇ ਸੁਖ (ਦਾ ਤਰਲਾ) ਤੇਰੇ ਕੋਲ ਹੀ ਹੁੰਦਾ ਹੈ ।੨।

ਸਲੋਕ ਮਃ ੩ ॥ ਗੁਰਮੁਖਿ ਸਚੈ ਭਾਵਦੇ ਦਰਿ ਸਚੈ ਸਚਿਆਰ ॥ ਸਾਜਨ ਮਨਿ ਆਨੰਦੁ ਹੈ ਗੁਰ ਕਾ ਸਬਦੁ ਵੀਚਾਰ ॥ ਅੰਤਰਿ ਸਬਦੁ ਵਸਾਇਆ ਦੁਖੁ ਕਟਿਆ ਚਾਨਣੁ ਕੀਆ ਕਰਤਾਰਿ ॥ ਨਾਨਕ ਰਖਣਹਾਰਾ ਰਖਸੀ ਆਪਣੀ ਕਿਰਪਾ ਧਾਰਿ ॥੧॥ {ਪੰਨਾ 549}

ਪਦਅਰਥ:- ਕਰਤਾਰਿ—ਕਰਤਾਰ ਨੇ ।

ਅਰਥ:- ਸਤਿਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਸੱਚੇ ਪ੍ਰਭੂ ਨੂੰ ਪਿਆਰੇ ਲੱਗਦੇ ਹਨ ਤੇ ਸੱਚੇ ਦੇ ਦਰ ਤੇ ਉਹ ਸੱਚ ਦੇ ਵਾਪਾਰੀ (ਸਮਝੇ ਜਾਂਦੇ ਹਨ); ਸਤਿਗੁਰੂ ਦੇ ਸ਼ਬਦ ਨੂੰ ਵਿਚਾਰਨ ਵਾਲੇ ਉਹਨਾਂ ਸੱਜਨਾਂ ਦੇ ਮਨ ਵਿਚ (ਸਦਾ) ਖਿੜਾਉ ਹੁੰਦਾ ਹੈ; ਸਤਿਗੁਰੂ ਦਾ ਸ਼ਬਦ ਉਹਨਾਂ ਨੇ ਹਿਰਦੇ ਵਿਚ ਵਸਾਇਆ ਹੈ (ਇਸ ਲਈ) ਸਿਰਜਣਹਾਰ ਨੇ ਉਹਨਾਂ ਦਾ ਦੁੱਖ ਕੱਟਿਆ ਹੈ ਤੇ ਉਹਨਾਂ ਦੇ ਹਿਰਦੇ ਵਿੱਚ ਚਾਨਣ ਕੀਤਾ ਹੈ, ਹੇ ਨਾਨਕ! ਰੱਖਿਆ ਕਰਨ ਵਾਲਾ ਪ੍ਰਭੂ ਆਪਣੀ ਮੇਹਰ ਨਾਲ ਉਹਨਾਂ ਦੀ ਸਦਾ ਰੱਖਿਆ ਕਰਦਾ ਹੈ ।੧।

ਮਃ ੩ ॥ ਗੁਰ ਕੀ ਸੇਵਾ ਚਾਕਰੀ ਭੈ ਰਚਿ ਕਾਰ ਕਮਾਇ ॥ ਜੇਹਾ ਸੇਵੈ ਤੇਹੋ ਹੋਵੈ ਜੇ ਚਲੈ ਤਿਸੈ ਰਜਾਇ ॥ ਨਾਨਕ ਸਭੁ ਕਿਛੁ ਆਪਿ ਹੈ ਅਵਰੁ ਨ ਦੂਜੀ ਜਾਇ ॥੨॥ {ਪੰਨਾ 549}

ਪਦਅਰਥ:- ਭੈ—ਡਰ ਵਿਚ । ਚਾਕਰੀ—ਨੌਕਰੀ । ਕਮਾਇ—ਕਰੇ । ਤਿਸੈ—ਉਸ ਪ੍ਰਭੂ ਦੀ । ਅਵਰੁ—ਕੋਈ ਹੋਰ । ਜਾਇ—ਥਾਂ ।

ਅਰਥ:- ਜੇ ਮਨੁਖ (ਪ੍ਰਭੂ ਦੇ) ਡਰ ਵਿਚ ਰਚ ਕੇ ਗੁਰੂ ਦੀ ਦੱਸੀ ਹੋਈ ਸੇਵਾ ਚਾਕਰੀ ਕਾਰ ਕਰੇ ਤੇ ਉਸੇ ਪ੍ਰਭੂ ਦੀ ਰਜ਼ਾ ਵਿਚ ਤੁਰੇ ਤਾਂ ਉਸ ਪ੍ਰਭੂ ਵਰਗਾ ਹੀ ਹੋ ਜਾਂਦਾ ਹੈ ਜਿਸ ਨੂੰ ਇਹ ਸਿਮਰਦਾ ਹੈ, ਫਿਰ, ਹੇ ਨਾਨਕ! (ਐਸੇ ਮਨੁੱਖ ਨੂੰ) ਸਭਨੀ ਥਾਈਂ ਪ੍ਰਭੂ ਹੀ ਪ੍ਰਭੂ ਦਿੱਸਦਾ ਹੈ, (ਉਸ ਤੋਂ ਬਿਨਾ) ਕੋਈ ਹੋਰ ਨਹੀਂ ਦਿੱਸਦਾ, ਤੇ ਨਾਹ ਕੋਈ ਹੋਰ (ਆਸਰੇ ਦੀ) ਥਾਂ ਦਿੱਸਦੀ ਹੈ ।੨।

ਪਉੜੀ ॥ ਤੇਰੀ ਵਡਿਆਈ ਤੂਹੈ ਜਾਣਦਾ ਤੁਧੁ ਜੇਵਡੁ ਅਵਰੁ ਨ ਕੋਈ ॥ ਤੁਧੁ ਜੇਵਡੁ ਹੋਰੁ ਸਰੀਕੁ ਹੋਵੈ ਤਾ ਆਖੀਐ ਤੁਧੁ ਜੇਵਡੁ ਤੂਹੈ ਹੋਈ ॥ ਜਿਨਿ ਤੂ ਸੇਵਿਆ ਤਿਨਿ ਸੁਖੁ ਪਾਇਆ ਹੋਰੁ ਤਿਸ ਦੀ ਰੀਸ ਕਰੇ ਕਿਆ ਕੋਈ ॥ ਤੂ ਭੰਨਣ ਘੜਣ ਸਮਰਥੁ ਦਾਤਾਰੁ ਹਹਿ ਤੁਧੁ ਅਗੈ ਮੰਗਣ ਨੋ ਹਥ ਜੋੜਿ ਖਲੀ ਸਭ ਹੋਈ ॥ ਤੁਧੁ ਜੇਵਡੁ ਦਾਤਾਰੁ ਮੈ ਕੋਈ ਨਦਰਿ ਨ ਆਵਈ ਤੁਧੁ ਸਭਸੈ ਨੋ ਦਾਨੁ ਦਿਤਾ ਖੰਡੀ ਵਰਭੰਡੀ ਪਾਤਾਲੀ ਪੁਰਈ ਸਭ ਲੋਈ ॥੩॥ {ਪੰਨਾ 549}

ਪਦਅਰਥ:- ਤੂ—ਤੈਨੂੰ । ਤਿਨਿ—ਉਸ ਮਨੁੱਖ ਨੇ । ਪੁਰਈ—ਪੁਰੀਆਂ ਵਿਚ । ਲੋਈ—(੧੪) ਲੋਕਾਂ ਵਿਚ ।

ਅਰਥ:- ਤੂੰ ਕੇਡਾ ਵੱਡਾ ਹੈਂ—ਇਹ ਤੂੰ ਆਪ ਹੀ ਜਾਣਦਾ ਹੈਂ, ਕਿਉਂਕਿ ਤੇਰੇ ਜੇਡਾ ਹੋਰ ਕੋਈ ਨਹੀਂ ਹੈ, ਜੇ ਤੇਰੇ ਜੇਡਾ ਕੋਈ ਹੋਰ ਸ਼ਰੀਕ ਹੋਵੇ (ਉਸ ਨੂੰ ਵੇਖ ਕੇ) ਤਾਂ ਹੀ ਦੱਸ ਸਕਦੇ ਹਾਂ (ਕਿ ਤੂੰ ਕੇਡਾ ਵੱਡਾ ਹੈਂ) (ਪਰ) ਤੇਰੇ ਜੇਡਾ ਤੂੰ ਆਪ ਹੀ ਹੈਂ ।

ਜਿਸ ਮਨੁੱਖ ਨੇ ਤੈਨੂੰ ਸਿਮਰਿਆ ਹੈ ਉਸ ਨੇ ਸੁਖ ਪਾਇਆ ਹੈ, ਕੋਈ ਹੋਰ ਮਨੁੱਖ ਉਸ ਦੀ ਕੀਹ ਰੀਸ ਕਰ ਸਕਦਾ ਹੈ? ਸਰੀਰਾਂ ਨੂੰ ਨਾਸ ਭੀ ਤੂੰ ਆਪ ਕਰ ਸਕਦਾ ਹੈਂ ਤੇ ਬਣਾ ਭੀ ਆਪ ਹੀ ਸਕਦਾ ਹੈਂ, ਸਭ ਦਾਤਾਂ ਭੀ ਬਖ਼ਸ਼ਣ ਵਾਲਾ ਹੈਂ ਸਾਰੀ ਸ੍ਰਿਸ਼ਟੀ ਤੇਰੇ ਅਗੇ ਦਾਤਾਂ ਮੰਗਣ ਲਈ ਹੱਥ ਜੋੜ ਕੇ ਖਲੋਤੀ ਹੋਈ ਹੈ ।

ਮੈਨੂੰ ਤੇਰੇ ਜੇਡਾ ਕੋਈ ਹੋਰ ਦਾਨੀ ਨਜ਼ਰ ਨਹੀਂ ਆਉਂਦਾ, ਖੰਡਾਂ, ਬ੍ਰਹਮੰਡਾਂ, ਪਾਤਾਲਾਂ, ਪੁਰੀਆਂ, ਸਾਰੇ (ਚੌਦਾਂ ਹੀ) ਲੋਕਾਂ ਵਿਚ ਤੂੰ ਹੀ ਸਭ ਜੀਆਂ ਨੂੰ ਬਖ਼ਸ਼ਸ਼ ਕੀਤੀ ਹੈ ।੩।

ਸਲੋਕ ਮਃ ੩ ॥ ਮਨਿ ਪਰਤੀਤਿ ਨ ਆਈਆ ਸਹਜਿ ਨ ਲਗੋ ਭਾਉ ॥ ਸਬਦੈ ਸਾਦੁ ਨ ਪਾਇਓ ਮਨਹਠਿ ਕਿਆ ਗੁਣ ਗਾਇ ॥ ਨਾਨਕ ਆਇਆ ਸੋ ਪਰਵਾਣੁ ਹੈ ਜਿ ਗੁਰਮੁਖਿ ਸਚਿ ਸਮਾਇ ॥੧॥ {ਪੰਨਾ 549}

ਅਰਥ:- ਜੇ ਮਨ ਵਿਚ (ਹਰੀ ਦੀ ਹੋਂਦ ਦੀ) ਪ੍ਰਤੀਤ ਨਾਹ ਆਈ, ਤੇ ਅਡੋਲਤਾ ਵਿਚ ਪਿਆਰ ਨਾਹ ਲੱਗਾ, ਜੇ ਸ਼ਬਦ ਦਾ ਰਸ ਨਾਹ ਲੱਭਾ, ਤਾਂ ਮਨ ਦੇ ਹਠ ਨਾਲ ਸਿਫ਼ਤਿ-ਸਾਲਾਹ ਕਰਨ ਦਾ ਕੀਹ ਲਾਭ? ਹੇ ਨਾਨਕ! (ਸੰਸਾਰ ਵਿਚ) ਜੰਮਿਆ ਉਹ ਜੀਵ ਮੁਬਾਰਿਕ ਹੈ ਜੋ ਸਤਿਗੁਰੂ ਦੇ ਸਨਮੁਖ ਰਹਿ ਕੇ ਸੱਚ ਵਿਚ ਲੀਨ ਹੋ ਜਾਏ ।੧।

ਮਃ ੩ ॥ ਆਪਣਾ ਆਪੁ ਨ ਪਛਾਣੈ ਮੂੜਾ ਅਵਰਾ ਆਖਿ ਦੁਖਾਏ ॥ ਮੁੰਢੈ ਦੀ ਖਸਲਤਿ ਨ ਗਈਆ ਅੰਧੇ ਵਿਛੁੜਿ ਚੋਟਾ ਖਾਏ ॥ ਸਤਿਗੁਰ ਕੈ ਭੈ ਭੰਨਿ ਨ ਘੜਿਓ ਰਹੈ ਅੰਕਿ ਸਮਾਏ ॥ ਅਨਦਿਨੁ ਸਹਸਾ ਕਦੇ ਨ ਚੂਕੈ ਬਿਨੁ ਸਬਦੈ ਦੁਖੁ ਪਾਏ ॥ ਕਾਮੁ ਕ੍ਰੋਧੁ ਲੋਭੁ ਅੰਤਰਿ ਸਬਲਾ ਨਿਤ ਧੰਧਾ ਕਰਤ ਵਿਹਾਏ ॥ ਚਰਣ ਕਰ ਦੇਖਤ ਸੁਣਿ ਥਕੇ ਦਿਹ ਮੁਕੇ ਨੇੜੈ ਆਏ ॥ ਸਚਾ ਨਾਮੁ ਨ ਲਗੋ ਮੀਠਾ ਜਿਤੁ ਨਾਮਿ ਨਵ ਨਿਧਿ ਪਾਏ ॥ ਜੀਵਤੁ ਮਰੈ ਮਰੈ ਫੁਨਿ ਜੀਵੈ

ਤਾਂ ਮੋਖੰਤਰੁ ਪਾਏ ॥ ਧੁਰਿ ਕਰਮੁ ਨ ਪਾਇਓ ਪਰਾਣੀ ਵਿਣੁ ਕਰਮਾ ਕਿਆ ਪਾਏ ॥ ਗੁਰ ਕਾ ਸਬਦੁ ਸਮਾਲਿ ਤੂ ਮੂੜੇ ਗਤਿ ਮਤਿ ਸਬਦੇ ਪਾਏ ॥ ਨਾਨਕ ਸਤਿਗੁਰੁ ਤਦ ਹੀ ਪਾਏ ਜਾਂ ਵਿਚਹੁ ਆਪੁ ਗਵਾਏ ॥੨॥ {ਪੰਨਾ 549-550}

ਪਦਅਰਥ:- ਭੈ—ਡਰ ਵਿਚ । ਅੰਕਿ—ਗੋਦ ਵਿਚ । ਸਹਸਾ—ਤੌਖ਼ਲਾ । ਅਨਦਿਨੁ—ਹਰ ਰੋਜ਼ । ਸਬਲਾ—ਬਲਵਾਨ । ਜਿਤੁ—ਜਿਸ ਦੀ ਰਾਹੀਂ । ਨਵ ਨਿਧਿ—ਨੌ ਖ਼ਜ਼ਾਨੇ, ਸਾਰੇ ਪਦਾਰਥ । ਫੁਨਿ—ਫੇਰ । ਮੋਖੰਤਰੁ—ਮੋਖ ਦਾ ਅੰਤਰਾ, ਮੁਕਤੀ ਦਾ ਰਾਜ਼ ।

ਅਰਥ:- ਮੂਰਖ ਮਨੁੱਖ ਆਪਣੇ ਆਪ ਦੀ ਪਛਾਣ ਨਹੀਂ ਕਰਦਾ ਤੇ ਹੋਰਨਾਂ ਨੂੰ ਆਖ ਕੇ ਦੁਖਾਉਂਦਾ ਹੈ, (ਸਤਿਗੁਰੂ ਦੇ ਦਰ ਤੇ ਪਹੁੰਚ ਕੇ ਭੀ) ਅੰਨ੍ਹੇ ਦੀ ਮੁੱਢ ਦੀ (ਦੂਜਿਆਂ ਨੂੰ ਦੁਖਾਉਣ ਦੀ) ਵਾਦੀ ਦੂਰ ਨਹੀਂ ਹੁੰਦੀ, ਤੇ (ਹਰੀ ਤੋਂ) ਵਿਛੁੱੜ ਕੇ ਦੁਖ ਸਹਿੰਦਾ ਹੈ ।

ਮੂਰਖ ਮਨੁੱਖ ਸਤਿਗੁਰੂ ਦੇ ਡਰ ਵਿਚ ਰਹਿ ਕੇ ਮਨ (ਦੇ ਪਿਛਲੇ ਮੰਦੇ ਸੰਸਕਾਰਾਂ) ਨੂੰ ਭੰਨ ਕੇ (ਨਵੇਂ ਸਿਰੇ ਸਿਮਰਨ ਵਾਲੇ ਸੰਸਕਾਰ) ਨਹੀਂ ਘੜਦਾ, (ਜਿਸ ਕਰਕੇ) (ਪ੍ਰਭੂ ਦੀ) ਗੋਦੀ ਵਿਚ ਸਮਾਇਆ ਰਹੇ, ਹਰ ਰੋਜ਼ ਕਿਸੇ ਵੇਲੇ ਭੀ ਉਸਦੀ ਚਿੰਤਾ ਦੂਰ ਨਹੀਂ ਹੁੰਦੀ, ਸ਼ਬਦ (ਦਾ ਆਸਰਾ ਲੈਣ ਤੋਂ) ਬਿਨਾ ਦੁੱਖ ਪਾਉਂਦਾ ਹੈ ।

ਮੂਰਖ ਦੇ ਹਿਰਦੇ ਵਿਚ ਕਾਮ, ਕ੍ਰੋਧ ਤੇ ਲੋਭ ਜ਼ੋਰਾਂ ਵਿਚ ਹੈ, ਤੇ ਸਦਾ ਧੰਧੇ ਕਰਦਿਆਂ ਉਮਰ ਗੁਜ਼ਰਦੀ ਹੈ, ਪੈਰ, ਹੱਥ, (ਅੱਖੀਆਂ) ਵੇਖ ਵੇਖ ਕੇ ਤੇ (ਕੰਨ) ਸੁਣ ਸੁਣ ਕੇ ਥੱਕ ਗਏ ਹਨ, (ਉਮਰ ਦੇ) ਦਿਨ ਮੁੱਕ ਗਏ ਹਨ, (ਮਰਨ ਦੇ ਦਿਨ ਨੇੜੇ ਆ ਗਏ ਹਨ) ਜਿਸ ਨਾਮ ਦੀ ਰਾਹੀਂ ਨੌ ਨਿਧੀਆਂ ਲੱਭ ਪੈਣ ਉਹ ਸੱਚਾ ਨਾਮ (ਮੂਰਖ ਨੂੰ) ਪਿਆਰਾ ਨਹੀਂ ਲੱਗਦਾ, (ਲੱਗੇ ਭੀ ਕਿਵੇਂ?) (ਸੰਸਾਰ ਵਿਚ) ਵਰਤਦਾ ਹੋਇਆ (ਸੰਸਾਰ ਵਲੋਂ) ਮੁਰਦਾ ਹੋ ਜਾਵੇ (ਇਸ ਤਰ੍ਹਾਂ) ਮਰ ਕੇ ਫੇਰ (ਹਰੀ ਦੀ ਯਾਦ ਵਿਚ) ਸੁਰਜੀਤ ਹੋਵੇ, ਤਾਂ ਹੀ ਮੁਕਤੀ ਦਾ ਭੇਤ ਲੱਭਦਾ ਹੈ ।

ਪਰ ਜਿਸ ਮਨੁੱਖ ਨੂੰ ਧੁਰੋਂ ਪਰਮਾਤਮਾ ਦੀ ਬਖ਼ਸ਼ਸ਼ ਨਸੀਬ ਨਾਹ ਹੋਈ, ਉਹ (ਪਿਛਲੇ ਚੰਗੇ ਸੰਸਕਾਰਾਂ ਵਾਲੇ) ਕੰਮਾਂ ਤੋਂ ਬਿਨਾ (ਹੁਣ ਬੰਦਗੀ ਵਾਲੇ ਸੰਸਕਾਰ) ਕਿਥੋਂ ਲਭੇ? ਹੇ ਮੂਰਖ! ਸਤਿਗੁਰੂ ਦੇ ਸ਼ਬਦ ਨੂੰ (ਹਿਰਦੇ ਵਿਚ) ਸਾਂਭ, (ਕਿਉਂਕਿ) ਉੱਚੀ ਆਤਮਕ ਅਵਸਥਾ ਤੇ ਭਲੀ ਮਤਿ ਸ਼ਬਦ ਤੋਂ ਹੀ ਮਿਲਦੀ ਹੈ । (ਪਰ,) ਹੇ ਨਾਨਕ! ਸਤਿਗੁਰੂ ਭੀ ਤਦੋਂ ਹੀ ਮਿਲਦਾ ਹੈ ਜਦੋਂ ਮਨੁੱਖ ਹਿਰਦੇ ਵਿਚੋਂ ਅਹੰਕਾਰ ਦੂਰ ਕਰਦਾ ਹੈ ।੨।

ਪਉੜੀ ॥ ਜਿਸ ਦੈ ਚਿਤਿ ਵਸਿਆ ਮੇਰਾ ਸੁਆਮੀ ਤਿਸ ਨੋ ਕਿਉ ਅੰਦੇਸਾ ਕਿਸੈ ਗਲੈ ਦਾ ਲੋੜੀਐ ॥ ਹਰਿ ਸੁਖਦਾਤਾ ਸਭਨਾ ਗਲਾ ਕਾ ਤਿਸ ਨੋ ਧਿਆਇਦਿਆ ਕਿਵ ਨਿਮਖ ਘੜੀ ਮੁਹੁ ਮੋੜੀਐ ॥ ਜਿਨਿ ਹਰਿ ਧਿਆਇਆ ਤਿਸ ਨੋ ਸਰਬ ਕਲਿਆਣ ਹੋਏ ਨਿਤ ਸੰਤ ਜਨਾ ਕੀ ਸੰਗਤਿ ਜਾਇ ਬਹੀਐ ਮੁਹੁ ਜੋੜੀਐ ॥ ਸਭਿ ਦੁਖ ਭੁਖ ਰੋਗ ਗਏ ਹਰਿ ਸੇਵਕ ਕੇ ਸਭਿ ਜਨ ਕੇ ਬੰਧਨ ਤੋੜੀਐ ॥ ਹਰਿ ਕਿਰਪਾ ਤੇ ਹੋਆ ਹਰਿ ਭਗਤੁ ਹਰਿ ਭਗਤ ਜਨਾ ਕੈ ਮੁਹਿ ਡਿਠੈ ਜਗਤੁ ਤਰਿਆ ਸਭੁ ਲੋੜੀਐ ॥੪॥ {ਪੰਨਾ 550}

ਪਦਅਰਥ:- ਕਿਵ—ਕਿਉਂ । ਨਿਮਖ—ਅੱਖ ਝਮਕਣ ਜਿਤਨਾ ਸਮਾ ਭਰ । ਕਲਿਆਣ—ਸੁਖ ।

ਮੁਹਿ ਡਿਠੈ—ਜੇ ਮੂੰਹ ਵੇਖੀਏ, ਦਰਸ਼ਨ ਕੀਤਿਆਂ ।

ਅਰਥ:- ਜਿਸ ਮਨੁੱਖ ਦੇ ਹਿਰਦੇ ਵਿਚ ਪਿਆਰਾ ਪ੍ਰਭੂ ਨਿਵਾਸ ਕਰੇ, ਉਸ ਨੂੰ ਕਿਸੇ ਗੱਲ ਦੀ ਚਿੰਤਾ ਨਹੀਂ ਰਹਿ ਜਾਂਦੀ । ਪ੍ਰਭੂ ਹਰ ਕਿਸਮ ਦਾ ਸੁਖ ਦੇਣ ਵਾਲਾ ਹੈ, ਉਸ ਦਾ ਸਿਮਰਨ ਕਰਨ ਤੋਂ ਇਕ ਖਿਨ ਭਰ ਭੀ ਨਹੀਂ ਹਟਣਾ ਚਾਹੀਦਾ ।

ਜਿਸ ਮਨੁੱਖ ਨੇ ਹਰੀ ਨੂੰ ਸਿਮਰਿਆ ਹੈ, ਉਸ ਨੂੰ ਸਾਰੇ ਸੁਖ ਪ੍ਰਾਪਤ ਹੁੰਦੇ ਹਨ, (ਇਸ ਵਾਸਤੇ) ਸਦਾ ਸਾਧ ਸੰਗਤ ਵਿਚ ਜਾ ਕੇ ਬੈਠਣਾ ਚਾਹੀਦਾ ਹੈ ਤੇ (ਪ੍ਰਭੂ ਦੇ ਗੁਣਾਂ ਬਾਰੇ) ਵਿਚਾਰ ਕਰਨੀ ਚਾਹੀਦੀ ਹੈ ।

ਹਰੀ ਦੇ ਭਗਤ ਦੇ ਸਾਰੇ ਕਲੇਸ਼ ਭੁੱਖਾਂ ਤੇ ਰੋਗ ਦੂਰ ਹੋ ਜਾਂਦੇ ਹਨ, ਤੇ ਸਾਰੇ ਬੰਧਨ ਟੁੱਟ ਜਾਂਦੇ ਹਨ, (ਕਿਉਂਕਿ) ਹਰੀ ਦਾ ਭਗਤ ਹਰੀ ਦੀ ਆਪਣੀ ਕਿਰਪਾ ਨਾਲ ਬਣਦਾ ਹੈ । ਚਾਹੀਦਾ ਤਾਂ ਇਹ ਹੈ ਕਿ ਹਰੀ ਦੇ ਭਗਤਾਂ ਦਾ ਦਰਸ਼ਨ ਕਰ ਕੇ (ਭਾਵ, ਉਹਨਾਂ ਦੀ ਸੰਗਤਿ ਵਿਚ ਰਹਿ ਕੇ) ਸਾਰਾ ਸੰਸਾਰ ਤਰ ਜਾਏ । (ਪਰ ਸੰਸਾਰ ਇਸ ਰਸਤੇ ਪੈਂਦਾ ਨਹੀਂ) ।੪।

ਸਲੋਕ ਮਃ ੩ ॥ ਸਾ ਰਸਨਾ ਜਲਿ ਜਾਉ ਜਿਨਿ ਹਰਿ ਕਾ ਸੁਆਉ ਨ ਪਾਇਆ ॥ ਨਾਨਕ ਰਸਨਾ ਸਬਦਿ ਰਸਾਇ ਜਿਨਿ ਹਰਿ ਹਰਿ ਮੰਨਿ ਵਸਾਇਆ ॥੧॥ {ਪੰਨਾ 550}

ਪਦਅਰਥ:- ਰਸਨਾ—ਜੀਭ । ਸੁਆਉ—ਸੁਆਦ । ਰਸਾਇ—ਰਸ ਜਾਂਦੀ ਹੈ, ਭਿੱਜ ਜਾਂਦੀ ਹੈ । ਜਿਨਿ—ਜਿਸ ਜੀਭ ਨੇ ।

ਅਰਥ:- ਜਿਸ ਜੀਭ ਨੇ ਹਰੀ (ਦੇ ਨਾਮ) ਦਾ ਸੁਆਦ ਨਹੀਂ ਚੱਖਿਆ, ਉਹ ਜੀਭ ਸੜ ਜਾਏ (ਭਾਵ, ਉਹ ਜੀਭ ਕਿਸੇ ਕੰਮ ਦੀ ਨਹੀਂ); ਹੇ ਨਾਨਕ! ਉਹ ਜੀਭ ਗੁਰੂ ਦੇ ਸ਼ਬਦ ਵਿਚ ਰਸ ਜਾਂਦੀ ਹੈ ਜਿਸ (ਜੀਭ) ਨੇ ਪਰਮਾਤਮਾ ਮਨ ਵਿਚ ਵਸਾਇਆ ਹੈ ।

ਮਃ ੩ ॥ ਸਾ ਰਸਨਾ ਜਲਿ ਜਾਉ ਜਿਨਿ ਹਰਿ ਕਾ ਨਾਉ ਵਿਸਾਰਿਆ ॥ ਨਾਨਕ ਗੁਰਮੁਖਿ ਰਸਨਾ ਹਰਿ ਜਪੈ ਹਰਿ ਕੈ ਨਾਇ ਪਿਆਰਿਆ ॥੨॥ {ਪੰਨਾ 550}

ਅਰਥ:- ਜਿਸ ਜੀਭ ਨੇ ਹਰੀ ਦਾ ਨਾਮ ਵਿਸਾਰਿਆ ਹੈ, ਉਹ ਜੀਭ ਸੜ ਜਾਏ । ਹੇ ਨਾਨਕ! (ਅਸਲ ਵਿਚ) ਸਤਿਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਦੀ ਜੀਭ (ਹੀ) ਹਰੀ ਦਾ ਨਾਮ ਜਪਦੀ ਹੈ ਹਰੀ ਦੇ ਨਾਮ ਵਿਚ ਪਿਆਰ ਕਰਦੀ ਹੈ ।੨।

ਪਉੜੀ ॥ ਹਰਿ ਆਪੇ ਠਾਕੁਰੁ ਸੇਵਕੁ ਭਗਤੁ ਹਰਿ ਆਪੇ ਕਰੇ ਕਰਾਏ ॥ ਹਰਿ ਆਪੇ ਵੇਖੈ ਵਿਗਸੈ ਆਪੇ ਜਿਤੁ ਭਾਵੈ ਤਿਤੁ ਲਾਏ ॥ ਹਰਿ ਇਕਨਾ ਮਾਰਗਿ ਪਾਏ ਆਪੇ ਹਰਿ ਇਕਨਾ ਉਝੜਿ ਪਾਏ ॥ ਹਰਿ ਸਚਾ ਸਾਹਿਬੁ ਸਚੁ ਤਪਾਵਸੁ ਕਰਿ ਵੇਖੈ ਚਲਤ ਸਬਾਏ ॥ ਗੁਰ ਪਰਸਾਦਿ ਕਹੈ ਜਨੁ ਨਾਨਕੁ ਹਰਿ ਸਚੇ ਕੇ ਗੁਣ ਗਾਏ ॥੫॥ {ਪੰਨਾ 550}

ਪਦਅਰਥ:- ਵਿਗਸੈ—ਖ਼ੁਸ਼ ਹੁੰਦਾ ਹੈ । ਜਿਤੁ—ਜਿਧਰ । ਮਾਰਗਿ—(ਸਿੱਧੇ) ਰਾਹ ਤੇ । ਉਝੜਿ—ਕੁਰਾਹੇ ।

ਅਰਥ:- ਪ੍ਰਭੂ ਆਪ ਹੀ ਠਾਕੁਰ ਆਪ ਹੀ ਸੇਵਕ ਤੇ ਭਗਤ ਹੈ, ਆਪੇ ਕਰਦਾ ਹੈ ਤੇ ਆਪ (ਜੀਵਾਂ ਪਾਸੋਂ) ਕਰਾਉਂਦਾ ਹੈ, ਆਪ ਹੀ ਵੇਖਦਾ ਹੈ, ਆਪ ਹੀ ਪ੍ਰਸੰਨ ਹੁੰਦਾ ਹੈ, ਜਿਧਰ ਚਾਹੁੰਦਾ ਹੈ ਓਧਰ

(ਜੀਵਾਂ ਨੂੰ) ਲਾਉਂਦਾ ਹੈ, ਇਕਨਾ ਨੂੰ ਆਪ ਹੀ ਸਿੱਧੇ ਰਸਤੇ ਪਾਉਂਦਾ ਹੈ ਤੇ ਇਕਨਾ ਨੂੰ ਆਪ ਹੀ ਕੁਰਾਹੇ ਪਾ ਦੇਂਦਾ ਹੈ ।

ਹਰੀ ਸੱਚਾ ਮਾਲਕ ਹੈ, ਉਸ ਦਾ ਨਿਆਂ ਭੀ ਅਭੁੱਲ ਹੈ, ਉਹ ਆਪ ਹੀ ਸਾਰੇ ਤਮਾਸ਼ੇ ਕਰ ਕੇ ਵੇਖ ਰਿਹਾ ਹੈ, ਦਾਸ ਨਾਨਕ ਆਖਦਾ ਹੈ ਕਿ ਸਤਿਗੁਰੂ ਦੀ ਮੇਹਰ ਨਾਲ (ਹੀ ਮਨੁੱਖ ਐਸੇ) ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੇ ਗੁਣ ਗਾਉਂਦਾ ਹੈ ।੫।

ਸਲੋਕ ਮਃ ੩ ॥ ਦਰਵੇਸੀ ਕੋ ਜਾਣਸੀ ਵਿਰਲਾ ਕੋ ਦਰਵੇਸੁ ॥ ਜੇ ਘਰਿ ਘਰਿ ਹੰਢੈ ਮੰਗਦਾ ਧਿਗੁ ਜੀਵਣੁ ਧਿਗੁ ਵੇਸੁ ॥ ਜੇ ਆਸਾ ਅੰਦੇਸਾ ਤਜਿ ਰਹੈ ਗੁਰਮੁਖਿ ਭਿਖਿਆ ਨਾਉ ॥ ਤਿਸ ਕੇ ਚਰਨ ਪਖਾਲੀਅਹਿ ਨਾਨਕ ਹਉ ਬਲਿਹਾਰੈ ਜਾਉ ॥੧॥ {ਪੰਨਾ 550}

ਪਦਅਰਥ:- ਕੋ—ਕੋਈ । ਹੰਢੈ—ਫਿਰੇ । ਧਿਗੁ—ਫਿਟਕਾਰ-ਜੋਗ । ਵੇਸੁ—(ਫ਼ਕੀਰੀ) ਪਹਿਰਾਵਾ ।

ਅਰਥ:- ਕੋਈ ਵਿਰਲਾ ਫ਼ਕੀਰ ਫ਼ਕੀਰੀ (ਦੇ ਆਦਰਸ਼) ਨੂੰ ਸਮਝਦਾ ਹੈ, (ਫ਼ਕੀਰ ਹੋ ਕੇ) ਜੇ ਘਰ ਘਰ ਮੰਗਦਾ ਫਿਰੇ, ਤਾਂ ਉਹਦੇ ਜੀਉਣ ਨੂੰ ਫਿਟਕਾਰ ਹੈ ਤੇ ਉਸ ਦੇ (ਫ਼ਕੀਰੀ-) ਜਾਮੇ ਨੂੰ ਫਿਟਕਾਰ ਹੈ ।

ਜੇ (ਦਰਵੇਸ਼ ਹੋ ਕੇ) ਆਸਾ ਤੇ ਚਿੰਤਾ ਨੂੰ ਛੱਡ ਦੇਵੇ ਤੇ ਸਤਿਗੁਰੂ ਦੇ ਸਨਮੁਖ ਰਹਿ ਕੇ ਨਾਮ ਦੀ ਭਿਖਿਆ ਮੰਗੇ, ਤਾਂ, ਹੇ ਨਾਨਕ! ਮੈਂ ਉਸ ਤੋਂ ਸਦਕੇ ਹਾਂ, ਉਸ ਦੇ ਚਰਨ ਧੋਣੇ ਚਾਹੀਦੇ ਹਨ ।੧।

ਮਃ ੩ ॥ ਨਾਨਕ ਤਰਵਰੁ ਏਕੁ ਫਲੁ ਦੁਇ ਪੰਖੇਰੂ ਆਹਿ ॥ ਆਵਤ ਜਾਤ ਨ ਦੀਸਹੀ ਨਾ ਪਰ ਪੰਖੀ ਤਾਹਿ ॥ ਬਹੁ ਰੰਗੀ ਰਸ ਭੋਗਿਆ ਸਬਦਿ ਰਹੈ ਨਿਰਬਾਣੁ ॥ ਹਰਿ ਰਸਿ ਫਲਿ ਰਾਤੇ ਨਾਨਕਾ ਕਰਮਿ ਸਚਾ ਨੀਸਾਣੁ ॥੨॥ {ਪੰਨਾ 550}

ਪਦਅਰਥ:- ਤਰਵਰੁ—ਰੁੱਖ । ਪੰਖੇਰੂ—ਪੰਖੀ । ਪਰ—ਖੰਭ । ਨਿਰਬਾਣੁ—ਵਾਸਨਾ ਰਹਿਤ, ਨਿਰਚਾਹ । ਰਸਿ—ਰਸ ਵਿਚ । ਨੀਸਾਣੁ—ਨਿਸ਼ਾਨ, ਟਿੱਕਾ । ਕਰਮਿ—ਬਖ਼ਸ਼ਸ਼ ਦੀ ਰਾਹੀਂ ।

ਅਰਥ:- ਹੇ ਨਾਨਕ! (ਸੰਸਾਰ ਰੂਪ) ਰੁੱਖ (ਹੈ, ਇਸ) ਨੂੰ (ਮਾਇਆ ਦਾ ਮੋਹ ਰੂਪ) ਇਕ ਫਲ (ਲੱਗਾ ਹੋਇਆ ਹੈ), (ਉਸ ਰੁੱਖ ਉਤੇ) ਦੋ (ਕਿਸਮ ਦੇ, ਗੁਰਮੁਖ ਤੇ ਮਨਮੁਖ) ਪੰਛੀ ਹਨ, ਉਹਨਾਂ ਪੰਛੀਆਂ ਨੂੰ ਖੰਭ ਨਹੀਂ ਹਨ ਤੇ ਉਹ ਆਉਂਦੇ ਜਾਂਦੇ ਦਿੱਸਦੇ ਨਹੀਂ, (ਭਾਵ, ਇਹ ਨਹੀਂ ਪਤਾ ਲੱਗਦਾ ਕਿ ਇਹ ਜੀਵ-ਪੰਛੀ ਕਿਧਰੋਂ ਆਉਂਦੇ ਹਨ ਤੇ ਕਿਧਰ ਚਲੇ ਜਾਂਦੇ ਹਨ) ਬਹੁਤੇ ਰੰਗਾਂ (ਵਿਚ ਸੁਆਦ ਲੈਣ) ਵਾਲੇ ਨੇ ਰਸਾਂ ਨੂੰ ਚੱਖਿਆ ਹੈ ਤੇ ਨਿਰ-ਚਾਹ (ਪੰਛੀ) ਸ਼ਬਦ ਵਿਚ (ਲੀਨ) ਰਹਿੰਦਾ ਹੈ ।

ਹੇ ਨਾਨਕ! ਹਰੀ ਦੀ ਕਿਰਪਾ ਨਾਲ (ਜਿਨ੍ਹਾਂ ਦੇ ਮੱਥੇ ਤੇ) ਸੱਚਾ ਟਿੱਕਾ ਹੈ, ਉਹ ਨਾਮ ਦੇ ਰਸ (ਰੂਪ) ਫਲ (ਦੇ ਸੁਆਦ) ਵਿਚ ਮਸਤ ਹਨ ।੨।

ਪਉੜੀ ॥ ਆਪੇ ਧਰਤੀ ਆਪੇ ਹੈ ਰਾਹਕੁ ਆਪਿ ਜੰਮਾਇ ਪੀਸਾਵੈ ॥ ਆਪਿ ਪਕਾਵੈ ਆਪਿ ਭਾਂਡੇ ਦੇਇ ਪਰੋਸੈ ਆਪੇ ਹੀ ਬਹਿ ਖਾਵੈ ॥ ਆਪੇ ਜਲੁ ਆਪੇ ਦੇ ਛਿੰਗਾ ਆਪੇ ਚੁਲੀ ਭਰਾਵੈ ॥ ਆਪੇ ਸੰਗਤਿ ਸਦਿ ਬਹਾਲੈ ਆਪੇ ਵਿਦਾ ਕਰਾਵੈ ॥ ਜਿਸ ਨੋ ਕਿਰਪਾਲੁ ਹੋਵੈ ਹਰਿ ਆਪੇ ਤਿਸ ਨੋ ਹੁਕਮੁ ਮਨਾਵੈ ॥੬॥ {ਪੰਨਾ 550-551}

ਪਦਅਰਥ:- ਛਿੰਗਾ—ਦੰਦਾਂ ਵਿਚ ਫਸਿਆ ਹੋਇਆ ਅੰਨ ਕੱਢਣ ਵਾਲੀ ਸੂਈ । ਵਿਦਾ ਕਰਾਵੈ—ਤੋਰ ਦੇਂਦਾ ਹੈ; ਰੁਖ਼ਸਤ ਕਰਦਾ ਹੈ ।

ਅਰਥ:- ਪ੍ਰਭੂ ਆਪ ਹੀ ਭੁਇਂ ਹੈ ਆਪ ਹੀ ਉਸ ਦਾ ਵਾਹੁਣ ਵਾਲਾ ਹੈ, ਆਪ ਹੀ (ਅੰਨ) ਉਗਾਉਂਦਾ ਹੈ ਤੇ ਆਪ ਹੀ ਪਿਹਾਉਂਦਾ ਹੈ, ਆਪੇ ਹੀ ਪਕਾਉਂਦਾ ਹੈ ਤੇ ਆਪ ਹੀ ਭਾਂਡੇ ਦੇ ਕੇ ਵਰਤਾਉਂਦਾ ਹੈ ਤੇ ਆਪ ਹੀ ਬਹਿ ਕੇ ਖਾਂਦਾ ਹੈ । ਆਪ ਹੀ ਜਲ ਦਿੰਦਾ ਹੈ ਤੇ ਛਿੰਗਾ ਭੀ ਆਪ ਦੇਂਦਾ ਹੈ ਤੇ ਆਪ ਹੀ ਚੁਲੀ ਕਰਾਉਂਦਾ ਹੈ ।

ਹਰੀ ਆਪ ਹੀ ਸੰਗਤਿ ਨੂੰ ਸੱਦ ਕੇ ਬਿਠਾਉਂਦਾ ਹੈ ਤੇ ਆਪ ਹੀ ਵਿਦਾ ਕਰਦਾ ਹੈ । ਜਿਸ ਉਤੇ ਪ੍ਰਭੂ ਆਪ ਦਇਆਲ ਹੁੰਦਾ ਹੈ ਉਸ ਨੂੰ ਆਪਣੀ ਰਜ਼ਾ (ਮਿੱਠੀ ਕਰ ਕੇ) ਮਨਾਂਦਾ ਹੈ ।੬।

ਸਲੋਕ ਮਃ ੩ ॥ ਕਰਮ ਧਰਮ ਸਭਿ ਬੰਧਨਾ ਪਾਪ ਪੁੰਨ ਸਨਬੰਧੁ ॥ ਮਮਤਾ ਮੋਹੁ ਸੁ ਬੰਧਨਾ ਪੁਤ੍ਰ ਕਲਤ੍ਰ ਸੁ ਧੰਧੁ ॥ ਜਹ ਦੇਖਾ ਤਹ ਜੇਵਰੀ ਮਾਇਆ ਕਾ ਸਨਬੰਧੁ ॥ ਨਾਨਕ ਸਚੇ ਨਾਮ ਬਿਨੁ ਵਰਤਣਿ ਵਰਤੈ ਅੰਧੁ ॥੧॥ {ਪੰਨਾ 551}

ਪਦਅਰਥ:- ਕਲਤ੍ਰ—ਇਸਤ੍ਰੀ । ਧੰਧੁ—ਝੰਬੇਲਾ । ਅੰਧੁ—ਅੰਨ੍ਹਾ ਮਨੁੱਖ ।

ਅਰਥ:- (ਕਰਮ ਕਾਂਡ ਦੇ) ਕਰਮ ਧਰਮ ਸਾਰੇ ਬੰਧਨ (ਰੂਪ ਹੀ) ਹਨ ਤੇ ਚੰਗੇ ਜਾਂ ਮੰਦੇ ਕੰਮ ਭੀ (ਸੰਸਾਰ ਨਾਲ) ਜੋੜੀ ਰੱਖਣ ਦਾ ਵਸੀਲਾ ਹਨ (ਭਾਵ, ਕਰਮ ਕਾਂਡ ਜਾਂ ਪੁੰਨ ਪਾਪ ਕੀਤਿਆਂ ਜਨਮ ਮਰਨ ਤੋਂ ਗਤਿ ਨਹੀਂ ਹੋ ਸਕੀਦਾ) । ਮਮਤਾ ਤੇ ਮੋਹ ਭੀ ਬੰਧਨ-ਰੂਪ ਹੈ, ਪੁੱਤ੍ਰ ਤੇ ਇਸਤ੍ਰੀ—(ਇਹਨਾਂ ਦਾ ਪਿਆਰ ਭੀ) ਕਸ਼ਟ ਦਾ ਕਾਰਨ ਹੈ, ਜਿੱਧਰ ਵੇਖਦਾ ਹਾਂ ਉਧਰ ਹੀ ਮਾਇਆ ਦਾ ਮੋਹ (ਰੂਪ) ਜੇਵੜੀ ਹੈ । ਹੇ ਨਾਨਕ! ਸੱਚੇ ਨਾਮ ਤੋਂ ਬਿਨਾ ਅੰਨ੍ਹਾ ਮਨੁੱਖ (ਮਾਇਆ ਦੀ) ਵਰਤੋਂ ਹੀ ਵਰਤਦਾ ਹੈ ।੧।

ਮਃ ੪ ॥ ਅੰਧੇ ਚਾਨਣੁ ਤਾ ਥੀਐ ਜਾ ਸਤਿਗੁਰੁ ਮਿਲੈ ਰਜਾਇ ॥ ਬੰਧਨ ਤੋੜੈ ਸਚਿ ਵਸੈ ਅਗਿਆਨੁ ਅਧੇਰਾ ਜਾਇ ॥ ਸਭੁ ਕਿਛੁ ਦੇਖੈ ਤਿਸੈ ਕਾ ਜਿਨਿ ਕੀਆ ਤਨੁ ਸਾਜਿ ॥ ਨਾਨਕ ਸਰਣਿ ਕਰਤਾਰ ਕੀ ਕਰਤਾ ਰਾਖੈ ਲਾਜ ॥੨॥ {ਪੰਨਾ 551}

ਪਦਅਰਥ:- ਥੀਐ—ਹੁੰਦਾ ਹੈ । ਰਜਾਇ—ਪ੍ਰਭੂ ਦੀ ਰਜ਼ਾ ਅਨੁਸਾਰ । ਸਚਿ—ਸੱਚ ਵਿਚ ।

ਅਰਥ:- ਅੰਨ੍ਹੇ ਮਨੁੱਖ ਨੂੰ ਚਾਨਣ ਤਾਂ ਹੀ ਹੁੰਦਾ ਹੈ ਜੇ (ਪ੍ਰਭੂ ਦੀ) ਰਜ਼ਾ ਵਿਚ ਉਸ ਨੂੰ ਸਤਿਗੁਰੂ ਮਿਲ ਪਏ, (ਕਿਉਂਕਿ ਸਤਿਗੁਰੂ ਮਿਲਿਆਂ) ਉਹ (ਮਾਇਆ ਦੇ) ਬੰਧਨ ਤੋੜ ਲੈਂਦਾ ਹੈ, ਸੱਚੇ ਹਰੀ ਵਿਚ ਲੀਨ ਹੋ ਜਾਂਦਾ ਹੈ ਤੇ ਉਸ ਦਾ ਅਗਿਆਨ (ਰੂਪ) ਹਨੇਰਾ ਦੂਰ ਹੋ ਜਾਂਦਾ ਹੈ ।

ਜਿਸ ਨੇ ਸਰੀਰ ਬਣਾ ਕੇ ਪੈਦਾ ਕੀਤਾ ਹੈ, (ਸਤਿਗੁਰੂ ਮਿਲਿਆਂ) ਮਨੁੱਖ ਸਭ ਕੁਝ ਉਸੇ ਦਾ ਹੀ ਸਮਝਦਾ ਹੈ, ਤੇ, ਹੇ ਨਾਨਕ! ਉਹ ਮਨੁੱਖ ਸਿਰਜਣਹਾਰ ਦੀ ਸਰਣੀ ਪੈਂਦਾ ਹੈ ਤੇ ਸਿਰਜਣਹਾਰ ਉਸ ਦੀ ਪੈਜ ਰੱਖਦਾ ਹੈ (ਭਾਵ, ਉਸ ਨੂੰ ਵਿਕਾਰਾਂ ਤੋਂ ਬਚਾ ਲੈਂਦਾ ਹੈ) ।੨।

ਪਉੜੀ ॥ ਜਦਹੁ ਆਪੇ ਥਾਟੁ ਕੀਆ ਬਹਿ ਕਰਤੈ ਤਦਹੁ ਪੁਛਿ ਨ ਸੇਵਕੁ ਬੀਆ ॥ ਤਦਹੁ ਕਿਆ ਕੋ ਲੇਵੈ ਕਿਆ ਕੋ ਦੇਵੈ ਜਾਂ ਅਵਰੁ ਨ ਦੂਜਾ ਕੀਆ ॥ ਫਿਰਿ ਆਪੇ ਜਗਤੁ ਉਪਾਇਆ ਕਰਤੈ ਦਾਨੁ ਸਭਨਾ ਕਉ ਦੀਆ ॥ ਆਪੇ ਸੇਵ ਬਣਾਈਅਨੁ ਗੁਰਮੁਖਿ ਆਪੇ

ਅੰਮ੍ਰਿਤੁ ਪੀਆ ॥ ਆਪਿ ਨਿਰੰਕਾਰ ਆਕਾਰੁ ਹੈ ਆਪੇ ਆਪੇ ਕਰੈ ਸੁ ਥੀਆ ॥੨॥ {ਪੰਨਾ 551}

ਪਦਅਰਥ:- ਥਾਟੁ—ਰਚਨਾ । ਬੀਆ—ਦੂਜਾ, ਕੋਈ ਹੋਰ । ਕਰਤੈ—ਕਰਤਾਰ ਨੇ । ਦਾਨੁ—ਬਖ਼ਸ਼ਸ਼, ਰੋਜ਼ੀ । ਬਣਾਈਅਨੁ—ਬਣਾਈ ਉਸ ਪ੍ਰਭੂ ਨੇ । ਨਿਰੰਕਾਰ—ਨਿਰ+ਆਕਾਰ, ਜਿਸ ਦਾ ਕੋਈ ਖ਼ਾਸ ਸਰੂਪ ਨਾਹ ਹੋਵੇ ।

ਅਰਥ:- ਜਦੋਂ ਪ੍ਰਭੂ ਨੇ ਆਪ ਹੀ ਬਹਿ ਕੇ ਰਚਨਾ ਰਚੀ ਤਦੋਂ ਉਸ ਨੇ ਕਿਸੇ ਦੂਸਰੇ ਸੇਵਕ ਪਾਸੋਂ ਸਲਾਹ ਨਹੀਂ ਲਈ ਸੀ, ਜਦੋਂ ਹੋਰ ਦੂਸਰਾ ਕੋਈ ਪੈਦਾ ਹੀ ਨਹੀਂ ਸੀ ਕੀਤਾ, ਤਾਂ ਕਿਸੇ ਨੇ ਕਿਸੇ ਪਾਸੋਂ ਲੈਣਾ ਕੀਹ ਸੀ ਤੇ ਦੇਣਾ ਕੀਹ ਸੀ? (ਭਾਵ, ਕੋਈ ਐਸਾ ਹੈ ਹੀ ਨਹੀਂ ਸੀ ਜੋ ਪਰਮਾਤਮਾ ਨੂੰ ਸਲਾਹ ਦੇ ਸਕਦਾ) ।

ਫਿਰ ਹਰੀ ਨੇ ਆਪ ਹੀ ਸੰਸਾਰ ਨੂੰ ਪੈਦਾ ਕੀਤਾ ਤੇ ਸਭ ਜੀਵਾਂ ਨੂੰ ਰੋਜ਼ੀ ਦਿੱਤੀ । ਗੁਰੂ ਦੀ ਰਾਹੀਂ ਸਿਮਰਨ ਦੀ ਜੁਗਤਿ ਪ੍ਰਭੂ ਨੇ ਆਪ ਹੀ ਬਣਾਈ ਤੇ ਆਪ ਹੀ ਉਸ ਨੇ (ਨਾਮ-ਰੂਪ) ਅੰਮ੍ਰਿਤ ਪੀਤਾ, ਪ੍ਰਭੂ ਆਪ ਹੀ ਆਕਾਰ ਤੋਂ ਰਹਿਤ ਹੈ ਤੇ ਆਪ ਹੀ ਆਕਾਰ ਵਾਲਾ ਹੈ, ਜੋ ਉਹ ਆਪ ਕਰਦਾ ਹੈ ਸੋਈ ਹੁੰਦਾ ਹੈ ।੨।

ਸਲੋਕ ਮਃ ੩ ॥ ਗੁਰਮੁਖਿ ਪ੍ਰਭੁ ਸੇਵਹਿ ਸਦ ਸਾਚਾ ਅਨਦਿਨੁ ਸਹਜਿ ਪਿਆਰਿ ॥ ਸਦਾ ਅਨੰਦਿ ਗਾਵਹਿ ਗੁਣ ਸਾਚੇ ਅਰਧਿ ਉਰਧਿ ਉਰਿ ਧਾਰਿ ॥ ਅੰਤਰਿ ਪ੍ਰੀਤਮੁ ਵਸਿਆ ਧੁਰਿ ਕਰਮੁ ਲਿਖਿਆ ਕਰਤਾਰਿ ॥ ਨਾਨਕ ਆਪਿ ਮਿਲਾਇਅਨੁ ਆਪੇ ਕਿਰਪਾ ਧਾਰਿ ॥੧॥ {ਪੰਨਾ 551}

ਪਦਅਰਥ:- ਅਨਦਿਨੁ—ਹਰ ਰੋਜ਼ । ਸਹਜਿ—ਸਹਜ ਵਿਚ, ਅਡੋਲ ਅਵਸਥਾ ਵਿਚ । ਪਿਆਰਿ—ਪਿਆਰ ਨਾਲ । ਅਰਧਿ ਉਰਧਿ—ਹੇਠਾਂ ਉੱਤੇ ਹਰ ਥਾਂ ਮੌਜੂਦ ਹਰੀ । ਉਰਿ—ਹਿਰਦੇ ਵਿਚ । ਕਰਮੁ—ਬਖ਼ਸ਼ਸ਼ (ਦਾ ਲੇਖ) । ਧੁਰਿ—ਸ਼ੁਰੂ ਤੋਂ ਹੀ । ਕਰਤਾਰਿ—ਕਰਤਾਰ ਨੇ । ਮਿਲਾਇਅਨੁ—ਮਿਲਾਏ ਹਨ, ਉਸ ਪ੍ਰਭੂ ਨੇ ।

ਅਰਥ:- ਸਤਿਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਹਰ ਵੇਲੇ ਸਹਿਜ ਅਵਸਥਾ ਵਿਚ ਲਿਵ ਜੋੜ ਕੇ (ਭਾਵ, ਸਦਾ ਇਕਾਗਰ ਚਿੱਤ ਰਹਿ ਕੇ) ਸਦਾ ਸੱਚੇ ਪ੍ਰਭੂ ਨੂੰ ਸਿਮਰਦੇ ਹਨ, ਤੇ ਹੇਠ ਉਪਰ (ਸਭ ਥਾਈਂ) ਵਿਆਪਕ ਹਰੀ ਨੂੰ ਹਿਰਦੇ ਵਿਚ ਪ੍ਰੋ ਕੇ ਚੜ੍ਹਦੀ ਕਲਾ ਵਿਚ (ਰਹਿ ਕੇ) ਸਦਾ ਸੱਚੇ ਦੀ ਸਿਫ਼ਤਿ-ਸਾਲਾਹ ਕਰਦੇ ਹਨ ।

ਧੁਰੋਂ ਹੀ ਕਰਤਾਰ ਨੇ (ਉਹਨਾਂ ਲਈ) ਬਖ਼ਸ਼ਸ਼ (ਦਾ ਫ਼ੁਰਮਾਨ) ਲਿਖ ਦਿੱਤਾ ਹੈ (ਇਸ ਕਰਕੇ) ਉਹਨਾਂ ਦੇ ਹਿਰਦੇ ਵਿਚ ਪਿਆਰਾ ਪ੍ਰਭੂ ਵੱਸਦਾ ਹੈ, ਹੇ ਨਾਨਕ! ਉਸ ਪ੍ਰਭੂ ਨੇ ਆਪ ਹੀ ਕਿਰਪਾ ਕਰ ਕੇ ਉਹਨਾਂ ਨੂੰ ਆਪਣੇ ਵਿਚ ਮਿਲਾ ਲਿਆ ਹੈ ।੧।

ਮਃ ੩ ॥ ਕਹਿਐ ਕਥਿਐ ਨ ਪਾਈਐ ਅਨਦਿਨੁ ਰਹੈ ਸਦਾ ਗੁਣ ਗਾਇ ॥ ਵਿਣੁ ਕਰਮੈ ਕਿਨੈ ਨ ਪਾਇਓ ਭਉਕਿ ਮੁਏ ਬਿਲਲਾਇ ॥ ਗੁਰ ਕੈ ਸਬਦਿ ਮਨੁ ਤਨੁ ਭਿਜੈ ਆਪਿ ਵਸੈ ਮਨਿ ਆਇ ॥ ਨਾਨਕ ਨਦਰੀ ਪਾਈਐ ਆਪੇ ਲਏ ਮਿਲਾਇ ॥੨॥ {ਪੰਨਾ 551}

ਅਰਥ:- (ਜਦ ਤਾਈਂ ਸਤਿਗੁਰੂ ਦੇ ਸ਼ਬਦ ਦੀ ਰਾਹੀਂ ਹਿਰਦਾ ਨਾਹ ਭਿੱਜੇ ਤੇ ਪ੍ਰਭੂ ਦੀ ਬਖ਼ਸ਼ਸ਼ ਦਾ ਭਾਗੀ ਨਾਹ ਬਣੇ, ਤਦ ਤਾਈਂ) (ਚਾਹੇ) ਸਦਾ ਹਰ ਵੇਲੇ ਗੁਣ ਗਾਉਂਦਾ ਰਹੇ, (ਇਸ ਤਰ੍ਹਾਂ) ਕਹਿੰਦਿਆਂ ਤੇ ਕਥਦਿਆਂ ਹੱਥ ਨਹੀਂ ਮਿਲਦਾ, ਮੇਹਰ ਤੋਂ ਬਿਨਾ ਕਿਸੇ ਨੂੰ ਨਹੀਂ ਮਿਲਿਆ, ਕਈ ਰੋਂਦੇ ਕੁਰਲਾਉਂਦੇ ਮਰ ਗਏ ਹਨ । ਸਤਿਗੁਰੂ ਦੇ ਸ਼ਬਦ ਨਾਲ (ਹੀ) ਮਨ ਤੇ ਤਨ ਭਿੱਜਦਾ ਹੈ ਤੇ ਪ੍ਰਭੂ ਹਿਰਦੇ ਵਿਚ ਵੱਸਦਾ ਹੈ । ਹੇ ਨਾਨਕ! ਪ੍ਰਭੂ ਆਪਣੀ ਕ੍ਰਿਪਾ ਦ੍ਰਿਸ਼ਟੀ ਨਾਲ ਹੀ ਮਿਲਦਾ ਹੈ, ਉਹ ਆਪ ਹੀ (ਜੀਵ ਨੂੰ) ਆਪਣੇ ਨਾਲ ਮਿਲਾਂਦਾ ਹੈ ।੨।

ਪਉੜੀ ॥ ਆਪੇ ਵੇਦ ਪੁਰਾਣ ਸਭਿ ਸਾਸਤ ਆਪਿ ਕਥੈ ਆਪਿ ਭੀਜੈ ॥ ਆਪੇ ਹੀ ਬਹਿ ਪੂਜੇ ਕਰਤਾ ਆਪਿ ਪਰਪੰਚੁ ਕਰੀਜੈ ॥ ਆਪਿ ਪਰਵਿਰਤਿ ਆਪਿ ਨਿਰਵਿਰਤੀ ਆਪੇ ਅਕਥੁ ਕਥੀਜੈ ॥ ਆਪੇ ਪੁੰਨੁ ਸਭੁ ਆਪਿ ਕਰਾਏ ਆਪਿ ਅਲਿਪਤੁ ਵਰਤੀਜੈ ॥ ਆਪੇ ਸੁਖੁ ਦੁਖੁ ਦੇਵੈ ਕਰਤਾ ਆਪੇ ਬਖਸ ਕਰੀਜੈ ॥੮॥ {ਪੰਨਾ 551}

ਪਦਅਰਥ:- ਕਥੈ—ਬਿਆਨ ਕਰਦਾ ਹੈ । ਭੀਜੈ—ਭਿੱਜਦਾ ਹੈ । ਪਰਪੰਚੁ—ਜਗਤ ਦਾ ਪਸਾਰਾ । ਪਰਵਿਰਤਿ—ਜਗਤ-ਪਸਾਰੇ ਵਿਚ ਰੁੱਝਾ ਰਹਿਣ ਵਾਲਾ । ਨਿਰਵਿਰਤੀ—ਵੱਖਰਾ ਰਹਿਣ ਵਾਲਾ । ਅਲਿਪਤੁ ਵਰਤੀਜੈ—ਵੱਖਰਾ ਰਹਿੰਦਾ ਹੈ । ਬਖਸ—ਕਿਰਪਾ, ਬਖ਼ਸ਼ਸ਼ ।

ਅਰਥ:- ਸਾਰੇ ਵੇਦ ਪੁਰਾਣ ਤੇ ਸ਼ਾਸਤ੍ਰ ਪ੍ਰਭੂ ਆਪ ਹੀ ਰਚਣ ਵਾਲਾ ਹੈ, ਆਪ ਹੀ ਇਹਨਾਂ ਦੀ ਕਥਾ ਕਰਦਾ ਹੈ ਤੇ ਆਪ ਹੀ (ਸੁਣ ਕੇ) ਪ੍ਰਸੰਨ ਹੁੰਦਾ ਹੈ, ਹਰੀ ਆਪ ਹੀ ਬੈਠ ਕੇ (ਪੁਰਾਣ ਆਦਿਕ ਮਤ-ਅਨੁਸਾਰ) ਪੂਜਾ ਕਰਦਾ ਹੈ ਤੇ ਆਪ ਹੀ (ਹੋਰ) ਪਸਾਰਾ ਪਸਾਰਦਾ ਹੈ, ਆਪ ਹੀ ਸੰਸਾਰ ਵਿਚ ਖਚਿਤ ਹੋ ਰਿਹਾ ਹੈ ਤੇ ਆਪ ਹੀ ਏਸ ਤੋਂ ਕਿਨਾਰਾ ਕਰੀ ਬੈਠਾ ਹੈ ਤੇ ਕਥਨ ਤੋਂ ਪਰੇ ਆਪਣਾ ਆਪਾ ਆਪ ਹੀ ਬਿਆਨ ਕਰਦਾ ਹੈ, ਪੁੰਨ ਭੀ ਆਪ ਹੀ ਕਰਾਉਂਦਾ ਹੈ, ਫੇਰ (ਪਾਪ) ਪੁੰਨ ਤੋਂ ਅਲੇਪ ਭੀ ਆਪ ਹੀ ਵਰਤਦਾ ਹੈ, ਆਪ ਹੀ ਪ੍ਰਭੂ ਸੁਖ ਦੁਖ ਦੇਂਦਾ ਹੈ ਅਤੇ ਆਪ ਹੀ ਮੇਹਰ ਕਰਦਾ ਹੈ ।੮।

ਸਲੋਕ ਮਃ ੩ ॥ ਸੇਖਾ ਅੰਦਰਹੁ ਜੋਰੁ ਛਡਿ ਤੂ ਭਉ ਕਰਿ ਝਲੁ ਗਵਾਇ ॥ ਗੁਰ ਕੈ ਭੈ ਕੇਤੇ ਨਿਸਤਰੇ ਭੈ ਵਿਚਿ ਨਿਰਭਉ ਪਾਇ ॥ ਮਨੁ ਕਠੋਰੁ ਸਬਦਿ ਭੇਦਿ ਤੂੰ ਸਾਂਤਿ ਵਸੈ ਮਨਿ ਆਇ ॥ ਸਾਂਤੀ ਵਿਚਿ ਕਾਰ ਕਮਾਵਣੀ ਸਾ ਖਸਮੁ ਪਾਏ ਥਾਇ ॥ ਨਾਨਕ ਕਾਮਿ ਕ੍ਰੋਧਿ ਕਿਨੈ ਨ ਪਾਇਓ ਪੁਛਹੁ ਗਿਆਨੀ ਜਾਇ ॥੧॥ {ਪੰਨਾ 551}

ਪਦਅਰਥ:- ਭੇਦਿ—ਵਿੰਨ੍ਹ । ਥਾਇ ਪਾਏ—ਪ੍ਰਵਾਨ ਕਰਦਾ ਹੈ । ਕਾਮਿ—ਕਾਮ ਵਿਚ (ਫਸੇ ਰਿਹਾਂ) ।

ਅਰਥ:- ਹੇ ਸ਼ੇਖ਼! ਹਿਰਦੇ ਵਿਚੋਂ ਹਠ ਛੱਡ ਦੇਹ, ਇਹ ਝੱਲ-ਪੁਣਾ ਦੂਰ ਕਰ ਤੇ ਸਤਿਗੁਰੂ ਦਾ ਡਰ ਹਿਰਦੇ ਵਿਚ ਵਸਾ (ਭਾਵ, ਅਦਬ ਵਿਚ ਆ) ਸਤਿਗੁਰੂ ਦੇ ਅਦਬ ਵਿਚ ਰਹਿ ਕੇ ਨਿਰਭਉ ਪ੍ਰਭੂ ਨੂੰ ਲੱਭ ਕੇ ਕਈ ਏਸ ਡਰ ਦੀ ਰਾਹੀਂ ਤਰ ਗਏ ਹਨ ।

(ਹੇ ਸ਼ੇਖ!) ਆਪਣੇ ਕਰੜੇ ਮਨ ਨੂੰ (ਭਾਵ, ਮਨ ਨੂੰ ਜੋ ਹਠ ਦੇ ਕਾਰਨ ਕਠੋਰ ਹੈ) ਸਤਿਗੁਰੂ ਦੇ ਸ਼ਬਦ ਨਾਲ ਵਿੰਨ੍ਹ ਤਾਂ ਕਿ ਤੇਰੇ ਮਨ ਵਿਚ ਸ਼ਾਂਤੀ ਤੇ ਠੰਡ ਆ ਕੇ ਵੱਸੇ, ਫੇਰ ਇਸ ਵਿਚ (ਭਜਨ ਬੰਦਗੀ ਵਾਲੀ) ਜੋ ਕਾਰ ਕਰੇਂਗਾ, ਮਾਲਕ ਉਸ ਨੂੰ ਕਬੂਲ ਕਰੇਗਾ, ਹੇ ਨਾਨਕ! ਕਿਸੇ ਗਿਆਨ ਵਾਲੇ ਨੂੰ ਜਾ ਕੇ ਪੁੱਛ ਲੈ, ਕਾਮ ਤੇ ਕ੍ਰੋਧ (ਆਦਿਕ ਵਿਕਾਰਾਂ) ਦੇ ਅਧੀਨ ਹੋਇਆਂ ਕਿਸੇ ਨੂੰ ਭੀ ਰੱਬ ਨਹੀਂ ਲੱਭਾ ।੧।

ਮਃ ੩ ॥ ਮਨਮੁਖ ਮਾਇਆ ਮੋਹੁ ਹੈ ਨਾਮਿ ਨ ਲਗੋ ਪਿਆਰੁ ॥ ਕੂੜੁ ਕਮਾਵੈ ਕੂੜੁ ਸੰਗ੍ਰਹੈ ਕੂੜੁ ਕਰੇ ਆਹਾਰੁ ॥ ਬਿਖੁ ਮਾਇਆ ਧਨੁ ਸੰਚਿ ਮਰਹਿ ਅੰਤੇ ਹੋਇ ਸਭੁ ਛਾਰੁ ॥ ਕਰਮ ਧਰਮ ਸੁਚ ਸੰਜਮ ਕਰਹਿ ਅੰਤਰਿ ਲੋਭੁ ਵਿਕਾਰੁ ॥ ਨਾਨਕ ਜਿ ਮਨਮੁਖੁ ਕਮਾਵੈ ਸੁ ਥਾਇ ਨਾ ਪਵੈ ਦਰਗਹਿ ਹੋਇ ਖੁਆਰੁ ॥੨॥ {ਪੰਨਾ 552}

ਪਦਅਰਥ:- ਮਨਮੁਖ—ਮਨ ਦਾ ਮੁਰੀਦ । ਸੰਗ੍ਰਹੈ—ਇਕੱਠਾ ਕਰਦਾ ਹੈ । ਆਹਾਰੁ—ਖ਼ੁਰਾਕ । ਬਿਖੁ—ਜ਼ਹਿਰ । ਸੰਚਿ—ਇਕੱਠੀ ਕਰ ਕੇ । ਛਾਰੁ—ਸੁਆਹ । ਸੰਜਮ—ਇੰਦ੍ਰਿਆਂ ਨੂੰ ਵੱਸ ਵਿਚ ਰੱਖਣ ਦੇ ਸਾਧਨ ।

ਅਰਥ:- ਮਨਮੁਖ ਦਾ ਮਾਇਆ ਵਿਚ ਮੋਹ ਹੈ (ਇਸ ਕਰ ਕੇ) ਨਾਮ ਵਿਚ ਉਸਦਾ ਪਿਆਰ ਨਹੀਂ ਬਣਦਾ, ਉਹ (ਮਾਇਆ ਰੂਪ) ਕੂੜ ਕਮਾਉਂਦਾ, ਕੂੜ ਇਕੱਠਾ ਕਰਦਾ ਹੈ ਤੇ ਕੂੜ ਨੂੰ ਹੀ ਆਪਣੀ ਖ਼ੁਰਾਕ ਬਣਾਉਂਦਾ ਹੈ (ਭਾਵ, ਜ਼ਿੰਦਗੀ ਦਾ ਆਸਰਾ ਸਮਝਦਾ ਹੈ) । (ਮਨ ਦੇ ਅਧੀਨ ਹੋਏ ਮਨੁੱਖ) ਵਿਹੁ ਰੂਪ ਮਾਇਆ-ਧਨ ਨੂੰ ਇਕੱਠਾ ਕਰ ਕਰ ਕੇ ਖਪਦੇ ਮਰਦੇ ਹਨ ਤੇ ਉਹ ਸਾਰਾ ਧਨ ਅਖ਼ੀਰ ਵੇਲੇ ਸੁਆਹ ਹੋ ਜਾਂਦਾ ਹੈ (ਭਾਵ, ਸੁਆਹ ਵਾਂਗ ਵਿਅਰਥ ਹੋ ਜਾਂਦਾ ਹੈ) ਉਹ ਆਪਣੇ ਵਲੋਂ ਆਤਮਕ ਕੰਮ ਭੀ ਕਰਦੇ ਹਨ) ਕਰਮ ਧਰਮ ਪਵਿਤ੍ਰਤਾ ਦੇ ਸਾਧਨ ਤੇ ਹੋਰ ਸੰਜਮ (ਭੀ) ਕਰਦੇ ਹਨ (ਪਰ) ਉਹਨਾਂ ਦੇ ਹਿਰਦੇ ਵਿਚ ਲੋਭ ਤੇ ਵਿਕਾਰ (ਹੀ) ਰਹਿੰਦਾ ਹੈ ।

ਹੇ ਨਾਨਕ! ਮਨ ਦੇ ਅਧੀਨ ਹੋਇਆ ਹੋਇਆ ਮਨੁੱਖ ਜੋ ਕੁਝ (ਭੀ) ਕਰਦਾ ਹੈ ਉਹ ਕਬੂਲ ਨਹੀਂ ਹੁੰਦਾ ਤੇ ਪ੍ਰਭੂ ਦੀ ਹਜ਼ੂਰੀ ਵਿੱਚ ਉਹ ਖ਼ੁਆਰ ਹੁੰਦਾ ਹੈ ।੨।

ਪਉੜੀ ॥ ਆਪੇ ਖਾਣੀ ਆਪੇ ਬਾਣੀ ਆਪੇ ਖੰਡ ਵਰਭੰਡ ਕਰੇ ॥ ਆਪਿ ਸਮੁੰਦੁ ਆਪਿ ਹੈ ਸਾਗਰੁ ਆਪੇ ਹੀ ਵਿਚਿ ਰਤਨ ਧਰੇ ॥ ਆਪਿ ਲਹਾਏ ਕਰੇ ਜਿਸੁ ਕਿਰਪਾ ਜਿਸ ਨੋ ਗੁਰਮੁਖਿ ਕਰੇ ਹਰੇ ॥ ਆਪੇ ਭਉਜਲੁ ਆਪਿ ਹੈ ਬੋਹਿਥਾ ਆਪੇ ਖੇਵਟੁ ਆਪਿ ਤਰੇ ॥ ਆਪੇ ਕਰੇ ਕਰਾਏ ਕਰਤਾ ਅਵਰੁ ਨ ਦੂਜਾ ਤੁਝੈ ਸਰੇ ॥੯॥ ਸਲੋਕ ਮਃ ੩ ॥ {ਪੰਨਾ 552}

ਪਦਅਰਥ:- ਖਾਣੀ—ਜਗਤ ਦੀ ਉਤਪੱਤੀ ਦੇ ਵਸੀਲੇ (ਅੰਡਜ, ਜੇਰਜ, ਸੇਤਜ, ਉਤਭੁਜ) । ਬਾਣੀ—ਬੋਲੀਆਂ । ਖੰਡ—ਜਗਤ ਦੇ ਹਿੱਸੇ । ਬ੍ਰਹਮੰਡ—ਜਗਤ । ਬੋਹਿਥ—ਜਹਾਜ਼ । ਖੇਵਟੁ—ਮਲਾਹ । ਸਰੇ—ਬਰਾਬਰ ।

ਅਰਥ:- ਪ੍ਰਭੂ ਆਪ ਹੀ ਖਾਣੀਆਂ, ਬੋਲੀਆਂ, ਖੰਡ ਤੇ ਬ੍ਰਹਮੰਡ ਬਣਾਉਂਦਾ ਹੈ; ਆਪ ਹੀ ਸਮੁੰਦਰ ਸਾਗਰ ਹੈ ਤੇ ਉਸ ਨੇ ਆਪ ਹੀ ਇਸ ਵਿਚ (ਸਿਫ਼ਤਿ-ਸਾਲਾਹ ਰੂਪ) ਰਤਨ ਲੁਕਾ ਰੱਖੇ ਹਨ; ਜਿਸ ਤੇ ਕਿਰਪਾ ਕਰਦਾ ਹੈ, ਤੇ ਜਿਸ ਨੂੰ ਸਤਿਗੁਰੂ ਦੇ ਸਨਮੁਖ ਕਰਦਾ ਹੈ ਉਸ ਨੂੰ ਆਪ ਹੀ ਉਹ ਰਤਨ ਲਭਾ ਦੇਂਦਾ ਹੈ; ਪ੍ਰਭੂ ਆਪ ਹੀ (ਸੰਸਾਰ) ਸਮੁੰਦਰ ਹੈ, ਆਪ ਹੀ ਜਹਾਜ਼ ਹੈ, ਆਪ ਹੀ ਮੱਲਾਹ ਹੈ ਤੇ ਆਪ

ਹੀ ਤਰਦਾ ਹੈ, ਆਪ ਹੀ ਸਭ ਕੁਝ ਕਰਦਾ ਕਰਾਉਂਦਾ ਹੈ । ਹੇ ਪ੍ਰਭੂ! ਤੇਰੇ ਜਿਹਾ ਦੂਜਾ ਕੋਈ ਨਹੀਂ ।੯।

ਸਤਿਗੁਰ ਕੀ ਸੇਵਾ ਸਫਲ ਹੈ ਜੇ ਕੋ ਕਰੇ ਚਿਤੁ ਲਾਇ ॥ ਨਾਮੁ ਪਦਾਰਥੁ ਪਾਈਐ ਅਚਿੰਤੁ ਵਸੈ ਮਨਿ ਆਇ ॥ ਜਨਮ ਮਰਨ ਦੁਖੁ ਕਟੀਐ ਹਉਮੈ ਮਮਤਾ ਜਾਇ ॥ ਉਤਮ ਪਦਵੀ ਪਾਈਐ ਸਚੇ ਰਹੈ ਸਮਾਇ ॥ ਨਾਨਕ ਪੂਰਬਿ ਜਿਨ ਕਉ ਲਿਖਿਆ ਤਿਨਾ ਸਤਿਗੁਰੁ ਮਿਲਿਆ ਆਇ ॥੧॥ {ਪੰਨਾ 552}

ਪਦਅਰਥ:- ਪਦਾਰਥੁ—ਧਨ । ਅਚਿੰਤੁ—ਚਿੰਤਾ ਤੋਂ ਰਹਿਤ ਪ੍ਰਭੂ । ਜਨਮ ਮਰਨ ਦੁਖੁ—ਸਾਰੀ ਉਮਰ ਦਾ ਦੁੱਖ, ਇਹ ਹਉਮੈ ਮਮਤਾ ਜੋ ਸਾਰੀ ਉਮਰ ਦਾ ਦੁੱਖ ਹੈ । ਉਤਮ ਪਦਵੀ—ਪ੍ਰਭੂ ਵਿਚ ਸਮਾਏ ਰਹਿਣ ਦਾ ਰੁਤਬਾ । ਪੂਰਬਿ—ਮੁਢ ਤੋਂ ।

ਅਰਥ:- ਜੇ ਮਨੁੱਖ ਮਨ ਟਿਕਾ ਕੇ ਸਤਿਗੁਰੂ ਦੀ (ਦੱਸੀ ਹੋਈ) ਕਾਰ ਕਰੇ, ਤਾਂ ਉਹ ਸੇਵਾ ਜ਼ਰੂਰ ਫਲ ਦੇਂਦੀ ਹੈ—ਨਾਮ ਧਨ ਮਿਲ ਜਾਂਦਾ ਹੈ ਤੇ ਚਿੰਤਾ ਤੋਂ ਰਹਿਤ (ਪ੍ਰਭੂ) ਮਨ ਵਿਚ ਆ ਵੱਸਦਾ ਹੈ, ਹਉਮੈ ਮਮਤਾ ਦੂਰ ਹੋ ਜਾਂਦੀ ਹੈ । ਤੇ ਇਹ ਸਾਰੀ ਉਮਰ ਦਾ ਦੁੱਖ ਕੱਟਿਆ ਜਾਂਦਾ ਹੈ । (ਹਜ਼ੂਰੀ ਵਿਚ) ਵੱਡਾ ਰੁਤਬਾ ਮਿਲਦਾ ਹੈ, ਮਨੁੱਖ ਸੱਚੇ ਹਰੀ ਵਿਚ ਸਮਾਇਆ ਰਹਿੰਦਾ ਹੈ ।

(ਪਰ ਸਤਿਗੁਰੂ ਦਾ ਲੱਭਣਾ ਕੋਈ ਸੁਖੱਲੀ ਗੱਲ ਨਹੀਂ); ਹੇ ਨਾਨਕ! ਮੁੱਢ ਤੋਂ (ਕੀਤੇ ਹੋਏ ਚੰਗੇ ਕੰਮਾਂ ਅਨੁਸਾਰ) ਜਿਨ੍ਹਾਂ ਦੇ ਹਿਰਦੇ ਵਿਚ (ਚੰਗੇ ਸੰਸਕਾਰ) ਉੱਕਰੇ ਹੋਏ ਹਨ, ਉਹਨਾਂ ਨੂੰ ਹੀ ਸਤਿਗੁਰੂ ਆ ਮਿਲਦਾ ਹੈ (ਭਾਵ, ਉਹੀ ਸਤਿਗੁਰੂ ਨੂੰ ਪਛਾਣ ਲੈਂਦੇ ਹਨ) ।੧।

ਮਃ ੩ ॥ ਨਾਮਿ ਰਤਾ ਸਤਿਗੁਰੂ ਹੈ ਕਲਿਜੁਗ ਬੋਹਿਥੁ ਹੋਇ ॥ ਗੁਰਮੁਖਿ ਹੋਵੈ ਸੁ ਪਾਰਿ ਪਵੈ ਜਿਨਾ ਅੰਦਰਿ ਸਚਾ ਸੋਇ ॥ ਨਾਮੁ ਸਮ੍ਾਲੇ ਨਾਮੁ ਸੰਗ੍ਰਹੈ ਨਾਮੇ ਹੀ ਪਤਿ ਹੋਇ ॥ ਨਾਨਕ ਸਤਿਗੁਰੁ ਪਾਇਆ ਕਰਮਿ ਪਰਾਪਤਿ ਹੋਇ ॥੨॥

ਪਦਅਰਥ:- ਜੁਗ—ਸਮਾ, ਜੀਵਨ । ਕਲਿ—ਝਗੜੇ, ਕਲੇਸ਼ । ਕਲਿਜੁਗ—ਉਹ ਜੀਵਨ-ਸਮਾ ਜੋ ਝਗੜਿਆਂ ਨਾਲ ਭਰਪੂਰ ਹੈ, ਪਰਮਾਤਮਾ ਨਾਲੋਂ ਵਿਛੋੜੇ ਦਾ ਸਮਾ ("ਇਕ ਘੜੀ ਨ ਮਿਲਤੇ ਤਾ ਕਲਿਜੁਗੁ ਹੋਤਾ") । ਪਤਿ—ਇੱਜ਼ਤ ।

ਅਰਥ:- ਸਤਿਗੁਰੂ (ਪ੍ਰਭੂ ਦੇ) ਨਾਮ ਵਿਚ ਭਿੱਜਾ ਹੋਇਆ ਹੁੰਦਾ ਹੈ ਤੇ ਕਲਿਜੁਗ (ਦੇ ਜੀਆਂ ਨੂੰ ਤਾਰਨ) ਲਈ ਜਹਾਜ਼ ਬਣਦਾ ਹੈ; (ਕਿਉਂਕਿ) ਉਹ ਨਾਮ ਨੂੰ ਸਾਂਭਦਾ ਹੈ ਤੇ ਨਾਮ ਧਨ ਇਕੱਠਾ ਕਰਦਾ ਹੈ (ਹਰੀ ਦੀ ਦਰਗਾਹ ਵਿਚ) ਆਦਰ ਭੀ ਨਾਮ ਨਾਲ ਹੀ ਹੁੰਦਾ ਹੈ ।

ਹੇ ਨਾਨਕ! ਸਤਿਗੁਰੂ ਨੂੰ ਮਿਲ ਕੇ ਪ੍ਰਭੂ ਦੀ ਮੇਹਰ ਨਾਲ ਹੀ (ਭਾਵ, ਬਖ਼ਸ਼ਸ਼ ਦਾ ਪਾਤ੍ਰ ਬਣਿਆਂ ਹੀ) ਨਾਮ ਦੀ ਪ੍ਰਾਪਤੀ ਹੁੰਦੀ ਹੈ ।੨।

ਪਉੜੀ ॥ ਆਪੇ ਪਾਰਸੁ ਆਪਿ ਧਾਤੁ ਹੈ ਆਪਿ ਕੀਤੋਨੁ ਕੰਚਨੁ ॥ ਆਪੇ ਠਾਕੁਰੁ ਸੇਵਕੁ ਆਪੇ ਆਪੇ ਹੀ ਪਾਪ ਖੰਡਨੁ ॥ ਆਪੇ ਸਭਿ ਘਟ ਭੋਗਵੈ ਸੁਆਮੀ ਆਪੇ ਹੀ ਸਭੁ ਅੰਜਨੁ ॥

ਆਪਿ ਬਿਬੇਕੁ ਆਪਿ ਸਭੁ ਬੇਤਾ ਆਪੇ ਗੁਰਮੁਖਿ ਭੰਜਨੁ ॥ ਜਨੁ ਨਾਨਕੁ ਸਾਲਾਹਿ ਨ ਰਜੈ ਤੁਧੁ ਕਰਤੇ ਤੂ ਹਰਿ ਸੁਖਦਾਤਾ ਵਡਨੁ ॥੧੦॥ {ਪੰਨਾ 552}

ਪਦਅਰਥ:- ਪਾਰਸੁ—ਉਹ ਪੱਥਰ ਜਿਸ ਨਾਲ ਛੋਹਿਆਂ ਧਾਤਾਂ ਸੋਨਾ ਬਣਦੀਆਂ ਦੱਸੀਦੀਆਂ ਹਨ । ਕੰਚਨੁ—ਸੋਨਾ । ਖੰਡਨੁ—ਨਾਸ ਕਰਨ ਵਾਲਾ । ਘਟ—ਸਰੀਰ । ਅੰਜਨੁ—ਕਾਲਖ, ਸੁਰਮਾ, ਮਾਇਆ । ਬਿਬੇਕੁ—ਪਰਖ, ਪਛਾਣ, ਗਿਆਨ । ਬੇਤਾ—ਜਾਣਨ ਵਾਲਾ । ਭੰਜਨੁ—ਨਾਸ ਕਰਨ ਵਾਲਾ ।

ਅਰਥ:- ਪ੍ਰਭੂ ਸੁਆਮੀ ਆਪ ਹੀ ਪਾਰਸ ਹੈ, ਆਪ ਹੀ ਲੋਹਾ ਹੈ ਤੇ ਉਸ ਨੇ ਆਪ ਹੀ (ਉਸ ਤੋਂ) ਸੋਨਾ ਬਣਾਇਆ ਹੈ, ਆਪ ਹੀ ਠਾਕੁਰ ਹੈ, ਆਪ ਹੀ ਸੇਵਕ ਹੈ ਤੇ ਆਪ ਹੀ ਪਾਪ ਦੂਰ ਕਰਨ ਵਾਲਾ ਹੈ, ਸਾਰੇ ਸਰੀਰਾਂ ਵਿਚ ਆਪ ਹੀ ਵਿਆਪਕ ਹੋ ਕੇ ਮਾਇਕ ਪਦਾਰਥ ਭੋਗਦਾ ਹੈ ਤੇ ਸਾਰੀ ਮਾਇਆ ਭੀ ਆਪ ਹੀ ਹੈ; ਆਪ ਹੀ ਬਿਬੇਕ (ਭਾਵ, ਗਿਆਨ) ਹੈ, ਆਪ ਹੀ ਸਾਰੇ (ਬਿਬੇਕ) ਨੂੰ ਜਾਣਨ ਵਾਲਾ ਹੈ ਤੇ ਆਪ ਹੀ ਸਤਿਗੁਰੂ ਦੇ ਸਨਮੁਖ ਹੋ ਕੇ (ਮਾਇਆ ਦੇ ਬੰਧਨ) ਤੋੜਨ ਵਾਲਾ ਹੈ ।

ਹੇ ਕਰਤਾਰ! ਦਾਸ ਨਾਨਕ ਤੇਰੀ ਸਿਫ਼ਤਿ-ਸਾਲਾਹ ਕਰ ਕੇ ਰੱਜਦਾ ਨਹੀਂ (ਭਾਵ ਮੈਂ ਤੇਰੀ ਕੇਹੜੀ ਸਿਫ਼ਤਿ ਕਰਾਂ?), ਤੂੰ ਸਭ ਤੋਂ ਵੱਡਾ ਸੁਖਾਂ ਦਾ ਦਾਤਾ ਹੈਂ ।੧੦।

ਸਲੋਕੁ ਮਃ ੪ ॥ ਬਿਨੁ ਸਤਿਗੁਰ ਸੇਵੇ ਜੀਅ ਕੇ ਬੰਧਨਾ ਜੇਤੇ ਕਰਮ ਕਮਾਹਿ ॥ ਬਿਨੁ ਸਤਿਗੁਰ ਸੇਵੇ ਠਵਰ ਨ ਪਾਵਹੀ ਮਰਿ ਜੰਮਹਿ ਆਵਹਿ ਜਾਹਿ ॥ ਬਿਨੁ ਸਤਿਗੁਰ ਸੇਵੇ ਫਿਕਾ ਬੋਲਣਾ ਨਾਮੁ ਨ ਵਸੈ ਮਨਿ ਆਇ ॥ ਨਾਨਕ ਬਿਨੁ ਸਤਿਗੁਰ ਸੇਵੇ ਜਮ ਪੁਰਿ ਬਧੇ ਮਾਰੀਅਹਿ ਮੁਹਿ ਕਾਲੈ ਉਠਿ ਜਾਹਿ ॥੧॥ {ਪੰਨਾ 552}

ਪਦਅਰਥ:- ਜੇਤੇ—ਜਿਤਨੇ ਭੀ । ਠਵਰ—ਆਸਰਾ । ਨਾ ਪਾਵਹੀ—ਨਹੀਂ ਲੱਭ ਸਕਦੇ ।

ਅਰਥ:- ਸਤਿਗੁਰੂ ਦੀ ਦੱਸੀ ਹੋਈ ਕਾਰ ਕਰਨ ਤੋਂ ਬਿਨਾ ਜਿਤਨੇ ਕੰਮ ਜੀਵ ਕਰਦੇ ਹਨ ਉਹ ਉਹਨਾਂ ਲਈ ਬੰਧਨ ਬਣਦੇ ਹਨ (ਭਾਵ, ਉਹ ਕਰਮ ਹੋਰ ਵਧੀਕ ਮਾਇਆ ਦੇ ਮੋਹ ਵਿਚ ਫਸਾਉਂਦੇ ਹਨ) ਸਤਿਗੁਰੂ ਦੀ ਸੇਵਾ ਤੋਂ ਬਿਨਾ ਕੋਈ ਹੋਰ ਆਸਰਾ ਜੀਵਾਂ ਨੂੰ ਮਿਲਦਾ ਨਹੀਂ (ਤੇ ਇਸ ਕਰ ਕੇ) ਮਰਦੇ ਤੇ ਜੰਮਦੇ ਰਹਿੰਦੇ ਹਨ ।

ਗੁਰੂ ਦੀ ਦੱਸੀ ਹੋਈ ਸਿਮਰਨ ਦੀ ਕਾਰ ਤੋਂ ਖੁੰਝ ਕੇ ਮਨੁੱਖ ਹੋਰ ਹੋਰ ਫਿੱਕੇ ਬੋਲ ਬੋਲਦਾ ਹੈ, ਇਸ ਦੇ ਹਿਰਦੇ ਵਿਚ ਨਾਮ ਨਹੀਂ ਵੱਸਦਾ; (ਇਸ ਦਾ ਨਤੀਜਾ ਇਹ ਨਿਕਲਦਾ ਹੈ ਕਿ) ਹੇ ਨਾਨਕ! ਸਤਿਗੁਰੂ ਦੀ ਸੇਵਾ ਤੋਂ ਬਿਨਾ ਜੀਵ (ਮਾਨੋ) ਜਮਪੁਰੀ ਵਿਚ ਬੱਧੇ ਮਾਰੀਦੇ ਹਨ ਤੇ (ਤੁਰਨ ਵੇਲੇ) ਜੱਗ ਤੋਂ ਮੁਕਾਲਖ ਖੱਟ ਕੇ ਜਾਂਦੇ ਹਨ ।੧।

ਮਃ ੩ ॥ ਇਕਿ ਸਤਿਗੁਰ ਕੀ ਸੇਵਾ ਕਰਹਿ ਚਾਕਰੀ ਹਰਿ ਨਾਮੇ ਲਗੈ ਪਿਆਰੁ ॥ ਨਾਨਕ ਜਨਮੁ ਸਵਾਰਨਿ ਆਪਣਾ ਕੁਲ ਕਾ ਕਰਨਿ ਉਧਾਰੁ ॥੨॥

ਪਦਅਰਥ:- ਇਕਿ—ਕਈ ਮਨੁੱਖ । ਚਾਕਰੀ—ਨੌਕਰੀ । ਕੁਲ—ਪਰਵਾਰ ।

ਅਰਥ:- ਕਈ ਮਨੁੱਖ ਸਤਿਗੁਰੂ ਦੀ ਦੱਸੀ ਹੋਈ ਸਿਮਰਨ ਦੀ ਕਾਰ ਕਰਦੇ ਹਨ ਤੇ ਉਹਨਾਂ ਦਾ ਪ੍ਰਭੂ ਦੇ ਨਾਮ ਵਿਚ ਪਿਆਰ ਬਣ ਜਾਂਦਾ ਹੈ, ਹੇ ਨਾਨਕ! ਉਹ ਆਪਣਾ ਮਨੁੱਖਾ ਜਨਮ ਸਵਾਰ ਲੈਂਦੇ ਹਨ ਤੇ

ਆਪਣੀ ਕੁਲ ਭੀ ਤਾਰ ਲੈਂਦੇ ਹਨ ।੨।

ਪਉੜੀ ॥ ਆਪੇ ਚਾਟਸਾਲ ਆਪਿ ਹੈ ਪਾਧਾ ਆਪੇ ਚਾਟੜੇ ਪੜਣ ਕਉ ਆਣੇ ॥ ਆਪੇ ਪਿਤਾ ਮਾਤਾ ਹੈ ਆਪੇ ਆਪੇ ਬਾਲਕ ਕਰੇ ਸਿਆਣੇ ॥ ਇਕ ਥੈ ਪੜਿ ਬੁਝੈ ਸਭੁ ਆਪੇ ਇਕ ਥੈ ਆਪੇ ਕਰੇ ਇਆਣੇ ॥ ਇਕਨਾ ਅੰਦਰਿ ਮਹਲਿ ਬੁਲਾਏ ਜਾ ਆਪਿ ਤੇਰੈ ਮਨਿ ਸਚੇ ਭਾਣੇ ॥ ਜਿਨਾ ਆਪੇ ਗੁਰਮੁਖਿ ਦੇ ਵਡਿਆਈ ਸੇ ਜਨ ਸਚੀ ਦਰਗਹਿ ਜਾਣੇ ॥੧੧॥ {ਪੰਨਾ 552}

ਪਦਅਰਥ:- ਚਾਟਸਾਲ—ਪਾਠਸ਼ਾਲਾ । ਪਾਧਾ—ਪੜ੍ਹਾਣ ਵਾਲਾ । ਆਣੇ—ਲਿਆਉਂਦਾ ਹੈ । ਇਕ ਥੈ—ਕਿਤੇ ਤਾਂ, ਇਕ ਥਾਂ ਤਾਂ ।

ਅਰਥ:- ਪ੍ਰਭੂ ਆਪ ਹੀ ਪਾਠਸ਼ਾਲਾ ਹੈ, ਆਪ ਹੀ ਉਸਤਾਦ ਹੈ, ਤੇ ਆਪ ਹੀ ਮੁੰਡੇ ਪੜ੍ਹਨ ਨੂੰ ਲਿਆਉਂਦਾ ਹੈ, ਆਪ ਹੀ ਮਾਂ ਪਿਉ ਹੈ ਤੇ ਆਪ ਹੀ ਬਾਲਕਾਂ ਨੂੰ ਸਿਆਣੇ ਕਰਦਾ ਹੈ; ਇਕ ਥਾਂ ਸਭ ਕੁਝ ਪੜ੍ਹ ਕੇ ਆਪ ਹੀ ਸਮਝਦਾ ਹੈ, ਤੇ ਇਕ ਥਾਂ ਆਪ ਹੀ ਬਾਲਕਾਂ ਨੂੰ ਇੰਞਾਣੇ ਕਰ ਦੇਂਦਾ ਹੈ । ਹੇ ਸੱਚੇ ਹਰੀ! ਜਦੋਂ ਆਪ ਤੇਰੇ ਮਨ ਵਿਚ ਚੰਗੇ ਲੱਗਦੇ ਹਨ, ਤਾਂ ਤੂੰ ਇਕਨਾਂ ਨੂੰ ਆਪਣੇ ਮਹਿਲ ਵਿਚ ਧੁਰ ਅੰਦਰ ਬੁਲਾ ਲੈਂਦਾ ਹੈਂ । ਜਿਨ੍ਹਾਂ ਗੁਰਮੁਖਾਂ ਨੂੰ ਆਪ ਆਦਰ ਦੇਂਦਾ ਹੈਂ, ਉਹ ਸੱਚੀ ਦਰਗਾਹ ਵਿਚ ਪਰਗਟ ਹੋ ਜਾਂਦੇ ਹਨ ।੧੧।

ਸਲੋਕੁ ਮਰਦਾਨਾ ੧ ॥ ਕਲਿ ਕਲਵਾਲੀ ਕਾਮੁ ਮਦੁ ਮਨੂਆ ਪੀਵਣਹਾਰੁ ॥ ਕ੍ਰੋਧ ਕਟੋਰੀ ਮੋਹਿ ਭਰੀ ਪੀਲਾਵਾ ਅਹੰਕਾਰੁ ॥ ਮਜਲਸ ਕੂੜੇ ਲਬ ਕੀ ਪੀ ਪੀ ਹੋਇ ਖੁਆਰੁ ॥ ਕਰਣੀ ਲਾਹਣਿ ਸਤੁ ਗੁੜੁ ਸਚੁ ਸਰਾ ਕਰਿ ਸਾਰੁ ॥ ਗੁਣ ਮੰਡੇ ਕਰਿ ਸੀਲੁ ਘਿਉ ਸਰਮੁ ਮਾਸੁ ਆਹਾਰੁ ॥ ਗੁਰਮੁਖਿ ਪਾਈਐ ਨਾਨਕਾ ਖਾਧੈ ਜਾਹਿ ਬਿਕਾਰ ॥੧॥ {ਪੰਨਾ 553}

ਨੋਟ:- ਭਾ: ਮਰਦਾਨਾ ਆਪਣੀ ਕਿਸੇ ਰਚਨਾ ਵਿਚ ਲਫ਼ਜ਼ 'ਨਾਨਕ' ਨਹੀਂ ਸੀ ਵਰਤ ਸਕਦਾ । ਸਲੋਕ ਮ: ੧ ਹੈ ਅਤੇ ਮਰਦਾਨੇ ਨੂੰ ਸੰਬੋਧਨ ਕੀਤਾ ਹੈ । ਤਿੰਨੇ ਹੀ ਸਲੋਕ ਮ: ੧ ਦੇ ਹਨ ।

ਪਦਅਰਥ:- ਕਲਿ—ਕਲਜੁਗੀ ਸੁਭਾਉ, ਪ੍ਰਭੂ ਨਾਲੋਂ ਵਿਛੋੜੇ ਦੀ ਹਾਲਤ । ਕਲਵਾਲੀ—ਸ਼ਰਾਬ ਕੱਢਣ ਵਾਲੀ ਮੱਟੀ । ਮਦੁ—ਸ਼ਰਾਬ । ਮੋਹਿ—ਮੋਹ ਨਾਲ । ਮਜਲਸ—ਮਹਿਫ਼ਲ । ਲਾਹਣਿ—ਸੱਕ ਗੁੜ ਪਾਣੀ ਆਦਿਕ ਜੋ ਰਲਾ ਕੇ ਮਿੱਟੀ ਵਿਚ ਪਾ ਕੇ ਰੂੜੀ ਵਿਚ ਦੱਬ ਕੇ ਤਰਕਾ ਲੈਂਦੇ ਹਨ । ਸਤੁ—ਸੱਚ । ਸਰਾ—ਸ਼ਰਾਬ । ਸਾਰੁ—ਸ੍ਰੇਸ਼ਟ । ਮੰਡੇ—ਰੋਟੀਆਂ । ਸੀਲ—ਚੰਗਾ ਸੁਭਾਉ । ਸਰਮੁ—ਹਯਾ । ਆਹਾਰੁ—ਖ਼ੁਰਾਕ ।

ਅਰਥ:- ਕਲਜੁਗੀ ਸੁਭਾਉ (ਮਾਨੋ) (ਸ਼ਰਾਬ ਕੱਢਣ ਵਾਲੀ) ਮੱਟੀ ਹੈ; ਕਾਮ (ਮਾਨੋ) ਸ਼ਰਾਬ ਹੈ ਤੇ ਇਸ ਨੂੰ ਪੀਣ ਵਾਲਾ (ਮਨੁੱਖ ਦਾ) ਮਨ ਹੈ, ਮੋਹ ਨਾਲ ਭਰੀ ਹੋਈ ਕ੍ਰੋਧ ਦੀ (ਮਾਨੋ) ਕਟੋਰੀ ਹੈ ਤੇ ਅਹੰਕਾਰ (ਮਾਨੋ) ਪਿਲਾਉਣ ਵਾਲਾ ਹੈ, ਕੂੜੇ ਲੱਬ ਦੀ (ਮਾਨੋ) ਮਜਲਸ ਹੈ (ਜਿਸ ਵਿਚ ਬਹਿ ਕੇ) ਮਨ (ਕਾਮ ਦੀ ਸ਼ਰਾਬ ਨੂੰ) ਪੀ ਪੀ ਕੇ ਖ਼ੁਆਰ ਹੁੰਦਾ ਹੈ ।

ਚੰਗੀ ਕਰਣੀ ਨੂੰ (ਸ਼ਰਾਬ ਕੱਢਣ ਵਾਲੀ) ਲਾਹਣ, ਸੱਚ ਬੋਲਣ ਨੂੰ ਗੁੜ ਬਣਾ ਕੇ ਸੱਚੇ ਨਾਮ ਨੂੰ ਸ੍ਰੇਸ਼ਟ

ਸ਼ਰਾਬ ਬਣਾ । ਗੁਣਾਂ ਨੂੰ ਮੰਡੇ, ਸੀਤਲ ਸੁਭਾਉ ਨੂੰ ਘਿਉ ਤੇ ਸ਼ਰਮ ਨੂੰ ਮਾਸ—(ਇਹ ਸਾਰੀ) ਖ਼ੁਰਾਕ ਬਣਾ; ਹੇ ਨਾਨਕ! ਇਹ ਖ਼ੁਰਾਕ ਸਤਿਗੁਰੂ ਦੇ ਸਨਮੁਖ ਹੋਇਆਂ ਮਿਲਦੀ ਹੈ ਤੇ ਇਸ ਦੇ ਖਾਧਿਆਂ ਸਾਰੇ ਵਿਕਾਰ ਦੂਰ ਹੋ ਜਾਂਦੇ ਹਨ ।੧।

ਮਰਦਾਨਾ ੧ ॥ ਕਾਇਆ ਲਾਹਣਿ ਆਪੁ ਮਦੁ ਮਜਲਸ ਤ੍ਰਿਸਨਾ ਧਾਤੁ ॥ ਮਨਸਾ ਕਟੋਰੀ ਕੂੜਿ ਭਰੀ ਪੀਲਾਏ ਜਮਕਾਲੁ ॥ ਇਤੁ ਮਦਿ ਪੀਤੈ ਨਾਨਕਾ ਬਹੁਤੇ ਖਟੀਅਹਿ ਬਿਕਾਰ ॥ ਗਿਆਨੁ ਗੁੜੁ ਸਾਲਾਹ ਮੰਡੇ ਭਉ ਮਾਸੁ ਆਹਾਰੁ ॥ ਨਾਨਕ ਇਹੁ ਭੋਜਨੁ ਸਚੁ ਹੈ ਸਚੁ ਨਾਮੁ ਆਧਾਰੁ ॥੨॥ {ਪੰਨਾ 553}

ਪਦਅਰਥ:- ਆਪੁ—ਆਪਾ, ਅਹੰਕਾਰ । ਧਾਤੁ—ਦੌੜ-ਭੱਜ, ਭਟਕਣਾ । ਮਨਸਾ—ਵਾਸਨਾ ।

ਅਰਥ:- ਸਰੀਰ (ਮਾਨੋ) (ਸ਼ਰਾਬ ਕੱਢਣ ਵਾਲੀ ਸਮਗਰੀ ਸਮੇਤ) ਮੱਟੀ ਹੈ, ਅਹੰਕਾਰ ਸ਼ਰਾਬ, ਤੇ ਤ੍ਰਿਸ਼ਨਾ ਵਿਚ ਭਟਕਣਾ (ਮਾਨੋ) ਮਹਿਫ਼ਲ ਹੈ, ਕੂੜ ਨਾਲ ਭਰੀ ਹੋਈ ਵਾਸ਼ਨਾਂ (ਮਾਨੋ) ਕਟੋਰੀ ਹੈ ਤੇ ਜਮ ਕਾਲ (ਮਾਨੋ) ਪਿਲਾਉਂਦਾ ਹੈ । ਹੇ ਨਾਨਕ! ਇਸ ਸ਼ਰਾਬ ਦੇ ਪੀਤਿਆਂ ਬਹੁਤੇ ਵਿਕਾਰ ਖੱਟੇ ਜਾਂਦੇ ਹਨ (ਭਾਵ, ਅਹੰਕਾਰ ਤ੍ਰਿਸ਼ਨਾ ਕੂੜ ਆਦਿਕ ਦੇ ਕਾਰਨ ਵਿਕਾਰ ਹੀ ਵਿਕਾਰ ਪੈਦਾ ਹੋ ਰਹੇ ਹਨ) ।

ਪ੍ਰਭੂ ਦਾ ਗਿਆਨ (ਮਾਨੋ) ਗੁੜ ਹੋਵੇ, ਸਿਫ਼ਤਿ-ਸਾਲਾਹ ਰੋਟੀਆਂ, (ਪ੍ਰਭੂ ਦਾ) ਡਰ ਮਾਸ—ਇਹ ਖ਼ੁਰਾਕ ਹੋਵੇ, ਹੇ ਨਾਨਕ! ਇਹ ਭੋਜਨ ਸੱਚਾ ਹੈ, ਕਿਉਂਕਿ ਸੱਚਾ ਨਾਮ ਹੀ (ਜ਼ਿੰਦਗੀ ਦਾ) ਆਸਰਾ ਹੋ ਸਕਦਾ ਹੈ ।੨।

ਕਾਂਯਾਂ ਲਾਹਣਿ ਆਪੁ ਮਦੁ ਅੰਮ੍ਰਿਤ ਤਿਸ ਕੀ ਧਾਰ ॥ ਸਤਸੰਗਤਿ ਸਿਉ ਮੇਲਾਪੁ ਹੋਇ ਲਿਵ ਕਟੋਰੀ ਅੰਮ੍ਰਿਤ ਭਰੀ ਪੀ ਪੀ ਕਟਹਿ ਬਿਕਾਰ ॥੩॥ {ਪੰਨਾ 553}

ਅਰਥ:- (ਜੇ) ਸਰੀਰ ਮੱਟੀ ਹੋਵੇ, ਆਪੇ ਦੀ ਪਛਾਣ ਸ਼ਰਾਬ ਤੇ ਉਸ ਦੀ ਧਾਰ (ਭਾਵ, ਜਿਸ ਦੀ ਧਾਰ) ਅਮਰ ਕਰਨ ਵਾਲੀ ਹੋਵੇ, ਸਤਸੰਗਤਿ ਨਾਲ ਮੇਲ ਹੋਵੇ (ਭਾਵ, ਮਜਲਸ ਸਤਸੰਗਤਿ ਹੋਵੇ), ਅੰਮ੍ਰਿਤ (ਨਾਮ) ਦੀ ਭਰੀ ਹੋਈ ਲਿਵ (ਰੂਪ) ਕਟੋਰੀ ਹੋਵੇ, (ਤਾਂ ਹੀ ਮਨੁੱਖ) (ਇਸ ਸ਼ਰਾਬ ਨੂੰ) ਪੀ ਪੀ ਕੇ ਸਾਰੇ ਵਿਕਾਰ ਪਾਪ ਦੂਰ ਕਰਦੇ ਹਨ ।੧।

ਪਉੜੀ ॥ ਆਪੇ ਸੁਰਿ ਨਰ ਗਣ ਗੰਧਰਬਾ ਆਪੇ ਖਟ ਦਰਸਨ ਕੀ ਬਾਣੀ ॥ ਆਪੇ ਸਿਵ ਸੰਕਰ ਮਹੇਸਾ ਆਪੇ ਗੁਰਮੁਖਿ ਅਕਥ ਕਹਾਣੀ ॥ ਆਪੇ ਜੋਗੀ ਆਪੇ ਭੋਗੀ ਆਪੇ ਸੰਨਿਆਸੀ ਫਿਰੈ ਬਿਬਾਣੀ ॥ ਆਪੈ ਨਾਲਿ ਗੋਸਟਿ ਆਪਿ ਉਪਦੇਸੈ ਆਪੇ ਸੁਘੜੁ ਸਰੂਪੁ ਸਿਆਣੀ ॥ ਆਪਣਾ ਚੋਜੁ ਕਰਿ ਵੇਖੈ ਆਪੇ ਆਪੇ ਸਭਨਾ ਜੀਆ ਕਾ ਹੈ ਜਾਣੀ ॥੧੨॥ {ਪੰਨਾ 553}

ਪਦਅਰਥ:- ਗੰਧਰਬ—ਦੇਵਤਿਆਂ ਦੇ ਰਾਗੀ । ਖਟ ਦਰਸਨ—ਛੇ ਸ਼ਾਸਤ੍ਰ । ਸੰਕਰ, ਮਹੇਸ—ਸ਼ਿਵ ਜੀ ਦੇ ਨਾਮ । ਅਕਥ—ਜੋ ਬਿਆਨ ਨ ਹੋ ਸਕੇ । ਬਿਬਾਣੀ—ਉਜਾੜ । ਗੋਸਟਿ—ਚਰਚਾ । ਸੁਘੜੁ—ਸੁਚੱਜਾ । ਚੋਜੁ—ਤਮਾਸ਼ਾ । ਜਾਣੀ—ਜਾਣਨ ਵਾਲਾ ।

ਅਰਥ:- ਪ੍ਰਭੂ ਆਪ ਹੀ ਦੇਵਤੇ, ਮਨੁੱਖ, (ਸ਼ਿਵ ਜੀ ਦੇ) ਗਣ, ਦੇਵਤਿਆਂ ਦੇ ਰਾਗੀ, ਅਤੇ ਆਪ ਹੀ

ਛੇ ਦਰਸ਼ਨਾਂ ਦੀ ਬੋਲੀ (ਬਨਾਣ ਵਾਲਾ) ਹੈ, ਆਪ ਹੀ ਸ਼ਿਵ, ਸ਼ੰਕਰ ਤੇ ਮਹੇਸ਼ (ਦਾ ਕਰਤਾ) ਹੈ, ਆਪ ਹੀ ਗੁਰੂ ਦੇ ਸਨਮੁਖ ਹੋ ਕੇ ਆਪਣੇ ਅਕੱਥ ਸਰੂਪ ਦੀਆਂ ਵਡਿਆਈਆਂ (ਕਰਦਾ ਹੈ), ਆਪ ਹੀ ਜੋਗ ਦੀ ਸਾਧਨਾ ਕਰਨ ਵਾਲਾ ਹੈ, ਆਪ ਹੀ ਭੋਗਾਂ ਵਿਚ ਪਰਵਿਰਤ ਹੈ ਤੇ ਆਪ ਹੀ ਸੰਨਿਆਸੀ ਬਣ ਕੇ ਉਜਾੜਾਂ ਵਿਚ ਫਿਰਦਾ ਹੈ, ਆਪ ਹੀ ਆਪਣੇ ਨਾਲ ਚਰਚਾ ਕਰਦਾ ਹੈ, ਆਪ ਹੀ ਉਪਦੇਸ਼ ਕਰਦਾ ਹੈ, ਆਪ ਹੀ ਸਿਆਣੀ ਮਤਿ ਵਾਲਾ ਸੁੰਦਰ ਸਰੂਪ ਵਾਲਾ ਹੈ, ਆਪਣਾ ਕੌਤਕ ਕਰ ਕੇ ਆਪ ਹੀ ਵੇਖਦਾ ਹੈ ਤੇ ਆਪ ਹੀ ਸਾਰੇ ਜੀਵਾਂ ਦੇ ਹਿਰਦੇ ਦੀ ਜਾਣਨ ਵਾਲਾ ਹੈ ।੧੨।

ਸਲੋਕੁ ਮਃ ੩ ॥ ਏਹਾ ਸੰਧਿਆ ਪਰਵਾਣੁ ਹੈ ਜਿਤੁ ਹਰਿ ਪ੍ਰਭੁ ਮੇਰਾ ਚਿਤਿ ਆਵੈ ॥ ਹਰਿ ਸਿਉ ਪ੍ਰੀਤਿ ਊਪਜੈ ਮਾਇਆ ਮੋਹੁ ਜਲਾਵੈ ॥ ਗੁਰ ਪਰਸਾਦੀ ਦੁਬਿਧਾ ਮਰੈ ਮਨੂਆ ਅਸਥਿਰੁ ਸੰਧਿਆ ਕਰੇ ਵੀਚਾਰੁ ॥ ਨਾਨਕ ਸੰਧਿਆ ਕਰੈ ਮਨਮੁਖੀ ਜੀਉ ਨ ਟਿਕੈ ਮਰਿ ਜੰਮੈ ਹੋਇ ਖੁਆਰੁ ॥੧॥ {ਪੰਨਾ 553}

ਪਦਅਰਥ:- ਦੁਬਿਧਾ—ਦੁਚਿੱਤਾ-ਪਨ, ਦ੍ਵੈਤ-ਭਾਵ । ਅਸਥਿਰੁ—ਟਿਕਿਆ ਹੋਇਆ । ਸੰਧਿਆ—ਪਾਠ-ਪੂਜਾ ।

ਅਰਥ:- ਉਹੋ ਸੰਧਿਆ ਕਬੂਲ ਹੈ ਜਿਸ ਨਾਲ ਪਿਆਰਾ ਪ੍ਰਭੂ ਹਿਰਦੇ ਵਿਚ ਵੱਸ ਪਏ, ਪ੍ਰਭੂ ਨਾਲ ਪਿਆਰ ਪੈਦਾ ਹੋ ਜਾਵੇ ਤੇ ਮਾਇਆ ਦਾ ਮੋਹ ਸੜ ਜਾਏ ।

ਸਤਿਗੁਰੂ ਦੀ ਕਿਰਪਾ ਨਾਲ ਜਿਸ ਮਨੁੱਖ ਦੀ ਦੁਬਿਧਾ ਦੂਰ ਹੋਵੇ, ਮਨ ਟਿਕ ਜਾਏ, ਉਹ ਸੰਧਿਆ ਦੀ (ਸੱਚੀ) ਵਿਚਾਰ ਕਰਦਾ ਹੈ, ਹੇ ਨਾਨਕ! ਮਨਮੁਖ ਸੰਧਿਆ ਕਰਦਾ ਹੈ, (ਪਰ) ਉਸ ਦਾ ਮਨ ਟਿਕਦਾ ਨਹੀਂ, (ਇਸ ਵਾਸਤੇ) ਜੰਮਦਾ ਮਰਦਾ ਹੈ ਤੇ ਖ਼ੁਆਰ ਹੁੰਦਾ ਹੈ ।੧।

ਮਃ ੩ ॥ ਪ੍ਰਿਉ ਪ੍ਰਿਉ ਕਰਤੀ ਸਭੁ ਜਗੁ ਫਿਰੀ ਮੇਰੀ ਪਿਆਸ ਨ ਜਾਇ ॥ ਨਾਨਕ ਸਤਿਗੁਰਿ ਮਿਲਿਐ ਮੇਰੀ ਪਿਆਸ ਗਈ ਪਿਰੁ ਪਾਇਆ ਘਰਿ ਆਇ ॥੨॥ {ਪੰਨਾ 553}

ਅਰਥ:- 'ਪਿਆਰਾ ਪਿਆਰਾ' ਕੂਕਦੀ ਮੈਂ ਸਾਰਾ ਸੰਸਾਰ ਫਿਰੀ, ਪਰ ਮੇਰੀ ਪਿਆਸ ਦੂਰ ਨਹੀਂ ਸੀ ਹੋਈ, ਹੇ ਨਾਨਕ! ਸਤਿਗੁਰੂ ਨੂੰ ਮਿਲਿਆਂ ਮੇਰੀ ਪਿਆਸ ਦੂਰ ਹੋ ਗਈ ਹੈ, ਘਰ ਵਿਚ ਆ ਕੇ ਪਿਆਰਾ ਪਤੀ ਲੱਭ ਲਿਆ ਹੈ ।੨।

ਪਉੜੀ ॥ ਆਪੇ ਤੰਤੁ ਪਰਮ ਤੰਤੁ ਸਭੁ ਆਪੇ ਆਪੇ ਠਾਕੁਰੁ ਦਾਸੁ ਭਇਆ ॥ ਆਪੇ ਦਸ ਅਠ ਵਰਨ ਉਪਾਇਅਨੁ ਆਪਿ ਬ੍ਰਹਮੁ ਆਪਿ ਰਾਜੁ ਲਇਆ ॥ ਆਪੇ ਮਾਰੇ ਆਪੇ ਛੋਡੈ ਆਪੇ ਬਖਸੇ ਕਰੇ ਦਇਆ ॥ ਆਪਿ ਅਭੁਲੁ ਨ ਭੁਲੈ ਕਬ ਹੀ ਸਭੁ ਸਚੁ ਤਪਾਵਸੁ ਸਚੁ ਥਿਆ ॥ ਆਪੇ ਜਿਨਾ ਬੁਝਾਏ ਗੁਰਮੁਖਿ ਤਿਨ ਅੰਦਰਹੁ ਦੂਜਾ ਭਰਮੁ ਗਇਆ ॥੧੩॥ {ਪੰਨਾ 553}

ਪਦਅਰਥ:- ਦਸ ਅਠ—ਅਠਾਰਾਂ । ਉਪਾਇਅਨੁ—ਉਪਾਏ ਹਨ ਉਸ ਨੇ । ਤਪਾਵਸੁ—ਨਿਆਂ । ਦੂਜਾ ਭਰਮੁ—ਮਾਇਆ ਵਾਲੀ ਭਟਕਣਾ ।

ਅਰਥ:- ਛੋਟੀ ਤਾਰ (ਭਾਵ, ਜੀਵ) ਵੱਡੀ ਤਾਰ (ਭਾਵ, ਪਰਮੇਸ਼ਵਰ)—ਸਭ ਕੁਝ ਪ੍ਰਭੂ ਆਪ ਹੀ ਹੈ,

ਆਪ ਹੀ ਠਾਕੁਰ ਤੇ ਆਪ ਹੀ ਦਾਸ ਹੈ । ਪ੍ਰਭੂ ਨੇ ਆਪ ਹੀ ਅਠਾਰਾਂ ਵਰਣ ਬਣਾਏ, ਆਪ ਹੀ ਬ੍ਰਹਮ ਹੈ ਤੇ ਆਪ ਹੀ (ਸ੍ਰਿਸ਼ਟੀ ਦਾ) ਰਾਜ ਉਸ ਨੇ ਲਿਆ ਹੈ । (ਜੀਵਾਂ ਨੂੰ) ਆਪ ਹੀ ਮਾਰਦਾ ਹੈ ਆਪ ਹੀ ਛੱਡਦਾ ਹੈ, ਆਪ ਹੀ ਬਖ਼ਸ਼ਦਾ ਹੈ ਤੇ ਆਪ ਹੀ ਮੇਹਰ ਕਰਦਾ ਹੈ, ਪ੍ਰਭੂ ਆਪ ਅਭੁੱਲ ਹੈ, ਕਦੇ ਭੁੱਲਦਾ ਨਹੀਂ, ਉਸ ਦਾ ਇਨਸਾਫ਼ ਭੀ ਨਿਰੋਲ ਸੱਚ ਹੈ, ਸਤਿਗੁਰੂ ਦੀ ਰਾਹੀਂ ਜਿਨ੍ਹਾਂ ਨੂੰ ਆਪ ਸਮਝਾ ਦੇਂਦਾ ਹੈ ਉਹਨਾਂ ਦੇ ਹਿਰਦੇ ਵਿਚੋਂ ਮਾਇਆ ਦੀ ਭਟਕਣਾ ਦੂਰ ਹੋ ਜਾਂਦੀ ਹੈ ।੧੩।

ਸਲੋਕੁ ਮਃ ੫ ॥ ਹਰਿ ਨਾਮੁ ਨ ਸਿਮਰਹਿ ਸਾਧਸੰਗਿ ਤੈ ਤਨਿ ਉਡੈ ਖੇਹ ॥ ਜਿਨਿ ਕੀਤੀ ਤਿਸੈ ਨ ਜਾਣਈ ਨਾਨਕ ਫਿਟੁ ਅਲੂਣੀ ਦੇਹ ॥੧॥ {ਪੰਨਾ 553}

ਪਦਅਰਥ:- ਤੈ ਤਨਿ—ਉਹਨਾਂ ਦੇ ਸਰੀਰ ਤੇ । ਖੇਹ—ਸੁਆਹ । ਜਿਨਿ—ਜਿਸ ਪ੍ਰਭੂ ਨੇ । ਅਲੂਣੀ—ਪ੍ਰੇਮ-ਵਿਹੂਣੀ । ਦੇਹ—ਸਰੀਰ ।

ਅਰਥ:- ਜੋ ਮਨੁੱਖ ਸਾਧ ਸੰਗਤਿ ਵਿਚ ਹਰੀ ਦਾ ਨਾਮ ਨਹੀਂ ਸਿਮਰਦੇ, ਉਹਨਾਂ ਦੇ ਸਰੀਰ ਤੇ ਸੁਆਹ ਪੈਂਦੀ ਹੈ, (ਭਾਵ, ਉਹਨਾਂ ਦੇ ਸਰੀਰ ਨੂੰ ਫਿਟਕਾਰ ਪੈਂਦੀ ਹੈ) । ਹੇ ਨਾਨਕ! ਪ੍ਰੇਮ ਤੋਂ ਸੱਖਣੇ ਉਸ ਸਰੀਰ ਨੂੰ ਧਿੱਕਾਰ ਹੈ, ਜੋ ਉਸ ਪ੍ਰਭੂ ਨੂੰ ਨਹੀਂ ਪਛਾਣਦਾ ਜਿਸ ਨੇ ਉਸ ਨੂੰ ਬਣਾਇਆ ਹੈ ।੧।

ਮਃ ੫ ॥ ਘਟਿ ਵਸਹਿ ਚਰਣਾਰਬਿੰਦ ਰਸਨਾ ਜਪੈ ਗੁਪਾਲ ॥ ਨਾਨਕ ਸੋ ਪ੍ਰਭੁ ਸਿਮਰੀਐ ਤਿਸੁ ਦੇਹੀ ਕਉ ਪਾਲਿ ॥੨॥ {ਪੰਨਾ 554}

ਪਦਅਰਥ:- ਘਟਿ—ਹਿਰਦੇ ਵਿਚ । ਚਰਣਾਰਬਿੰਦ—(ਚਰਣ+ਅਰਬਿੰਦ । ਅਰਬਿੰਦ—ਕਉਲ ਫੁੱਲ) ਕਉਲ ਫੁੱਲ ਵਰਗੇ ਪੈਰ । ਰਸਨਾ—ਜੀਭ । ਦੇਹੀ—ਸਰੀਰ ।

ਅਰਥ:- ਹੇ ਨਾਨਕ! (ਜਿਸ ਮਨੁੱਖ ਦੇ) ਹਿਰਦੇ ਵਿਚ ਪ੍ਰਭੂ ਦੇ ਚਰਨ ਕਮਲ ਵੱਸਦੇ ਹਨ ਤੇ ਜੀਭ ਹਰੀ ਨੂੰ ਜਪਦੀ ਹੈ, ਅਤੇ ਪ੍ਰਭੂ (ਜਿਸ ਸਰੀਰ ਕਰਕੇ) ਸਿਮਰਿਆ ਜਾਂਦਾ ਹੈ ਉਸ ਸਰੀਰ ਦੀ ਪਾਲਣਾ ਕਰੋ ।੨।

ਪਉੜੀ ॥ ਆਪੇ ਅਠਸਠਿ ਤੀਰਥ ਕਰਤਾ ਆਪਿ ਕਰੇ ਇਸਨਾਨੁ ॥ ਆਪੇ ਸੰਜਮਿ ਵਰਤੈ ਸ੍ਵਾਮੀ ਆਪਿ ਜਪਾਇਹਿ ਨਾਮੁ ॥ ਆਪਿ ਦਇਆਲੁ ਹੋਇ ਭਉ ਖੰਡਨੁ ਆਪਿ ਕਰੈ ਸਭੁ ਦਾਨੁ ॥ ਜਿਸ ਨੋ ਗੁਰਮੁਖਿ ਆਪਿ ਬੁਝਾਏ ਸੋ ਸਦ ਹੀ ਦਰਗਹਿ ਪਾਏ ਮਾਨੁ ॥ ਜਿਸ ਦੀ ਪੈਜ ਰਖੈ ਹਰਿ ਸੁਆਮੀ ਸੋ ਸਚਾ ਹਰਿ ਜਾਨੁ ॥੧੪॥ {ਪੰਨਾ 554}

ਪਦਅਰਥ:- ਅਠਸਠਿ—ਅਠਾਹਠ । ਸੰਜਮਿ—ਜੁਗਤੀ ਨਾਲ । ਮਾਨੁ—ਆਦਰ । ਹਰਿ ਜਾਨੁ—ਹਰਿ ਜਨੁ, ਪ੍ਰਭੂ ਦਾ ਸੇਵਕ ਭਗਤ । ਸਚਾ—ਪ੍ਰਭੂ (ਦਾ ਰੂਪ) ।

ਅਰਥ:- ਪ੍ਰਭੂ ਆਪ ਹੀ ਅਠਾਹਠ ਤੀਰਥਾਂ ਦਾ ਕਰਨ ਵਾਲਾ ਹੈ, ਆਪ ਹੀ (ਉਹਨਾਂ ਤੀਰਥਾਂ ਤੇ) ਇਸ਼ਨਾਨ ਕਰਦਾ ਹੈ, ਮਾਲਕ ਆਪ ਹੀ ਜੁਗਤੀ ਵਿਚ ਵਰਤਦਾ ਹੈ ਤੇ ਆਪ ਹੀ ਨਾਮ ਜਪਾਉਂਦਾ ਹੈ, ਭਉ ਦੂਰ ਕਰਨ ਵਾਲਾ ਪ੍ਰਭੂ ਆਪ ਹੀ ਦਇਆਲ ਹੁੰਦਾ ਹੈ ਤੇ ਆਪ ਹੀ ਸਭ ਤਰ੍ਹਾਂ ਦਾ ਦਾਨ ਕਰਦਾ ਹੈ, ਜਿਸ ਮਨੁੱਖ ਨੂੰ ਸਤਿਗੁਰੂ ਦੀ ਰਾਹੀਂ ਸਮਝ ਬਖ਼ਸ਼ਦਾ ਹੈ, ਉਹ ਸਦਾ ਦਰਗਾਹ ਵਿਚ ਆਦਰ ਪਾਉਂਦਾ ਹੈ । ਜਿਸ ਦੀ ਲਾਜ ਆਪ ਰੱਖਦਾ ਹੈ, ਉਹ ਰੱਬ ਦਾ ਪਿਆਰਾ ਸੇਵਕ ਰੱਬ ਦਾ ਰੂਪ ਹੈ ।੧੪।

ਸਲੋਕੁ ਮਃ ੩ ॥ ਨਾਨਕ ਬਿਨੁ ਸਤਿਗੁਰ ਭੇਟੇ ਜਗੁ ਅੰਧੁ ਹੈ ਅੰਧੇ ਕਰਮ ਕਮਾਇ ॥ ਸਬਦੈ ਸਿਉ ਚਿਤੁ ਨ ਲਾਵਈ ਜਿਤੁ ਸੁਖੁ ਵਸੈ ਮਨਿ ਆਇ ॥ ਤਾਮਸਿ ਲਗਾ ਸਦਾ ਫਿਰੈ ਅਹਿਨਿਸਿ ਜਲਤੁ ਬਿਹਾਇ ॥ ਜੋ ਤਿਸੁ ਭਾਵੈ ਸੋ ਥੀਐ ਕਹਣਾ ਕਿਛੂ ਨ ਜਾਇ ॥੧॥ {ਪੰਨਾ 554}

ਪਦਅਰਥ:- ਬਿਨੁ ਭੇਟੇ—ਮਿਲਣ ਤੋਂ ਬਿਨਾ । ਤਾਮਸਿ—ਤਮੋਗੁਣੀ ਭਾਵ ਵਿਚ । ਅਹਿ—ਦਿਨ । ਨਿਸਿ—ਰਾਤ ।

ਅਰਥ:- ਹੇ ਨਾਨਕ! ਗੁਰੂ ਨੂੰ ਮਿਲਣ ਤੋਂ ਬਿਨਾ ਸੰਸਾਰ ਅੰਨ੍ਹਾ ਹੈ ਤੇ ਅੰਨ੍ਹੇ ਹੀ ਕੰਮ ਕਰਦਾ ਹੈ, ਸਤਿਗੁਰੂ ਦੇ ਸ਼ਬਦ ਨਾਲ ਮਨ ਨਹੀਂ ਜੋੜਦਾ ਜਿਸ ਕਰਕੇ ਹਿਰਦੇ ਵਿਚ ਸੁਖ ਆ ਵੱਸੇ । ਤਮੋ ਗੁਣ ਵਿਚ ਮਸਤ ਹੋਇਆ ਹੋਇਆ ਸਦਾ ਭਟਕਦਾ ਹੈ ਤੇ ਦਿਨ ਰਾਤ (ਤਮੋ ਗੁਣ ਵਿਚ) ਸੜਦਿਆਂ (ਉਸ ਦੀ ਉਮਰ) ਗੁਜ਼ਰਦੀ ਹੈ ।

(ਇਸ ਬਾਰੇ) ਕੁਝ ਆਖਿਆ ਨਹੀਂ ਜਾ ਸਕਦਾ, ਜੋ ਪ੍ਰਭੂ ਨੂੰ ਚੰਗਾ ਲੱਗਦਾ ਹੈ, ਸੋਈ ਹੁੰਦਾ ਹੈ ।੧।

ਮਃ ੩ ॥ ਸਤਿਗੁਰੂ ਫੁਰਮਾਇਆ ਕਾਰੀ ਏਹ ਕਰੇਹੁ ॥ ਗੁਰੂ ਦੁਆਰੈ ਹੋਇ ਕੈ ਸਾਹਿਬੁ ਸੰਮਾਲੇਹੁ ॥ ਸਾਹਿਬੁ ਸਦਾ ਹਜੂਰਿ ਹੈ ਭਰਮੈ ਕੇ ਛਉੜ ਕਟਿ ਕੈ ਅੰਤਰਿ ਜੋਤਿ ਧਰੇਹੁ ॥ ਹਰਿ ਕਾ ਨਾਮੁ ਅੰਮ੍ਰਿਤੁ ਹੈ ਦਾਰੂ ਏਹੁ ਲਾਏਹੁ ॥ ਸਤਿਗੁਰ ਕਾ ਭਾਣਾ ਚਿਤਿ ਰਖਹੁ ਸੰਜਮੁ ਸਚਾ ਨੇਹੁ ॥ ਨਾਨਕ ਐਥੈ ਸੁਖੈ ਅੰਦਰਿ ਰਖਸੀ ਅਗੈ ਹਰਿ ਸਿਉ ਕੇਲ ਕਰੇਹੁ ॥੨॥ {ਪੰਨਾ 554}

ਪਦਅਰਥ:- ਕਾਰੀ—ਕੰਮ । ਸੰਮਾਲੇਹੁ—ਯਾਦ ਕਰੋ । ਹਜੂਰਿ—ਅੰਗ ਸੰਗ । ਛਉੜ—ਪਰਦੇ, ਉਹ ਜਾਲਾ ਜੋ ਅੱਖਾਂ ਅੱਗੇ ਆ ਕੇ ਨਜ਼ਰ ਬੰਦ ਕਰ ਦੇਂਦਾ ਹੈ । ਚਿਤਿ—ਚਿੱਤ ਵਿਚ । ਸੰਜਮੁ—ਰਹਿਣੀ । ਕੇਲ—ਆਨੰਦ, ਲਾਡ ।

ਅਰਥ:- ਸਤਿਗੁਰੂ ਨੇ ਹੁਕਮ ਦਿੱਤਾ ਹੈ (ਭਰਮ ਦਾ ਛਉੜ ਕੱਟਣ ਲਈ) ਇਹ ਕਾਰ (ਭਾਵ, ਇਲਾਜ) ਕਰੋ—ਗੁਰੂ ਦੇ ਦਰ ਤੇ ਜਾ ਕੇ (ਭਾਵ, ਗੁਰੂ ਦੀ ਚਰਨੀਂ ਲੱਗ ਕੇ) ਮਾਲਕ ਨੂੰ ਯਾਦ ਕਰੋ, ਮਾਲਕ ਸਦਾ ਅੰਗ ਸੰਗ ਹੈ (ਅੱਖਾਂ ਅਗੋਂ) ਭਰਮ ਦੇ ਜਾਲੇ ਨੂੰ ਲਾਹ ਕੇ ਹਿਰਦੇ ਵਿਚ ਉਸ ਦੀ ਜੋਤ ਟਿਕਾਉ ।

ਹਰੀ ਦਾ ਨਾਮ ਅਮਰ ਕਰਨ ਵਾਲਾ ਹੈ—ਇਹ ਦਾਰੂ ਵਰਤੋ, ਸਤਿਗੁਰੂ ਦਾ ਭਾਣਾ (ਮੰਨਣਾ) ਚਿਤ ਵਿਚ ਰੱਖੋ ਤੇ ਸਚਾ ਪਿਆਰ (ਰੂਪ) ਰਹਿਣੀ (ਧਾਰਨ ਕਰੋ), ਹੇ ਨਾਨਕ! (ਇਹ ਦਾਰੂ) ਏਥੇ (ਸੰਸਾਰ ਵਿਚ) ਸੁਖੀ ਰਖੇਗਾ ਤੇ ਅੱਗੇ (ਪਰਲੋਕ ਵਿਚ) ਹਰੀ ਨਾਲ ਰਲੀਆਂ ਮਾਣੋਗੇ ।੨।

ਪਉੜੀ ॥ ਆਪੇ ਭਾਰ ਅਠਾਰਹ ਬਣਸਪਤਿ ਆਪੇ ਹੀ ਫਲ ਲਾਏ ॥ ਆਪੇ ਮਾਲੀ ਆਪਿ ਸਭੁ ਸਿੰਚੈ ਆਪੇ ਹੀ ਮੁਹਿ ਪਾਏ ॥ ਆਪੇ ਕਰਤਾ ਆਪੇ ਭੁਗਤਾ ਆਪੇ ਦੇਇ ਦਿਵਾਏ ॥ ਆਪੇ ਸਾਹਿਬੁ ਆਪੇ ਹੈ ਰਾਖਾ ਆਪੇ ਰਹਿਆ ਸਮਾਏ ॥ ਜਨੁ ਨਾਨਕ ਵਡਿਆਈ ਆਖੈ ਹਰਿ ਕਰਤੇ ਕੀ ਜਿਸ ਨੋ ਤਿਲੁ ਨ ਤਮਾਏ ॥੧੫॥ {ਪੰਨਾ 554}

ਪਦਅਰਥ:- ਅਠਾਰਹ ਭਾਰ—(ਪੁਰਾਣਾ ਖ਼ਿਆਲ ਕਿ ਜੇ ਹਰੇਕ ਕਿਸਮ ਦੇ ਬੂਟੇ ਦਾ ਇਕ ਇਕ ਪੱਤ੍ਰ ਲਾਹ ਕੇ ਇਕੱਠਾ ਕਰੀਏ ਤਾਂ ਸਾਰਾ ਤੋਲ ੧੮ ਭਾਰ ਬਣਦਾ ਹੈ । (ਇਕ ਭਾਰ ਪੰਜ ਮਣ ਕੱਚੇ ਦਾ) ਸਾਰੀ ਬਨਸਪਤੀ । ਸਿੰਚੈ—ਪਾਣੀ ਦੇਂਦਾ ਹੈ । ਮੁਹਿ—ਮੂੰਹ ਵਿਚ । ਤਮਾਏ—ਤਮ੍ਹਾ, ਲਾਲਚ ।

ਅਰਥ:- ਪ੍ਰਭੂ ਆਪ ਹੀ ਬਨਸਪਤੀ ਦੇ ਅਠਾਰਾਂ ਭਾਰ ਹੈ (ਭਾਵ, ਸਾਰੀ ਸ੍ਰਿਸ਼ਟੀ ਦੀ ਬਨਸਪਤੀ ਆਪ ਹੀ ਹੈ), ਆਪ ਹੀ ਉਸ ਨੂੰ ਫਲ ਲਾਉਂਦਾ ਹੈ, ਆਪ ਹੀ ਮਾਲੀ ਹੈ, ਆਪ ਹੀ ਪਾਣੀ ਦੇਂਦਾ ਹੈ ਤੇ ਆਪ ਹੀ (ਫਲ) ਖਾਂਦਾ ਹੈ, ਆਪ ਹੀ ਕਰਨ ਵਾਲਾ ਹੈ, ਆਪ ਹੀ ਭੋਗਣ ਵਾਲਾ ਹੈ, ਆਪ ਹੀ ਦੇਂਦਾ ਹੈ ਤੇ ਆਪ ਹੀ ਦਿਵਾਉਂਦਾ ਹੈ, ਮਾਲਕ ਭੀ ਆਪ ਹੈ ਤੇ ਰਾਖਾ ਭੀ ਆਪ ਹੈ, ਆਪ ਹੀ ਸਭ ਥਾਈਂ ਵਿਆਪਕ ਹੈ ।

ਹੇ ਨਾਨਕ! (ਕੋਈ ਵਿਰਲਾ) ਸੇਵਕ ਉਸ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਹੈ ਜਿਸ ਨੂੰ ਸਾਰੀ ਸ੍ਰਿਸ਼ਟੀ ਦਾ ਕਰਤਾ ਭੁਗਤਾ ਹੁੰਦਿਆਂ ਭੀ) ਰਤਾ ਮਾਤ੍ਰ ਭੀ ਕੋਈ ਤਮ੍ਹਾ ਨਹੀਂ ਹੈ ।੧੫।

ਸਲੋਕ ਮਃ ੩ ॥ ਮਾਣਸੁ ਭਰਿਆ ਆਣਿਆ ਮਾਣਸੁ ਭਰਿਆ ਆਇ ॥ ਜਿਤੁ ਪੀਤੈ ਮਤਿ ਦੂਰਿ ਹੋਇ ਬਰਲੁ ਪਵੈ ਵਿਚਿ ਆਇ ॥ ਆਪਣਾ ਪਰਾਇਆ ਨ ਪਛਾਣਈ ਖਸਮਹੁ ਧਕੇ ਖਾਇ ॥ ਜਿਤੁ ਪੀਤੈ ਖਸਮੁ ਵਿਸਰੈ ਦਰਗਹ ਮਿਲੈ ਸਜਾਇ ॥ ਝੂਠਾ ਮਦੁ ਮੂਲਿ ਨ ਪੀਚਈ ਜੇ ਕਾ ਪਾਰਿ ਵਸਾਇ ॥ ਨਾਨਕ ਨਦਰੀ ਸਚੁ ਮਦੁ ਪਾਈਐ ਸਤਿਗੁਰੁ ਮਿਲੈ ਜਿਸੁ ਆਇ ॥ ਸਦਾ ਸਾਹਿਬ ਕੈ ਰੰਗਿ ਰਹੈ ਮਹਲੀ ਪਾਵੈ ਥਾਉ ॥੧॥ {ਪੰਨਾ 554}

ਪਦਅਰਥ:- ਮਾਣਸੁ—ਮਨੁੱਖ । ਆਣਿਆ—ਲਿਆਂਦਾ ਗਿਆ (ਭਾਵ, ਜੰਮਿਆ) । ਆਇ—ਆ ਕੇ (ਭਾਵ, ਜਨਮ ਲੈ ਕੇ) । ਭਰਿਆ—ਲਿਬੜਿਆ ਹੋਇਆ; (ਸ਼ਰਾਬ ਆਦਿਕ ਦੀ ਭੈੜੀ ਵਾਦੀ ਵਿਚ) ਫਸਿਆ ਹੋਇਆ । ਬਰਲੁ—ਝੱਲਪੁਣਾ । ਪੀਚਈ—ਪੀਣਾ ਚਾਹੀਦਾ । ਜੇ ਕਾ—ਜਿਥੋਂ ਤਕ । ਪਾਰਿ ਵਸਾਇ—ਵੱਸ ਚੱਲੇ ।

ਅਰਥ:- ਜੋ ਮਨੁੱਖ (ਵਿਕਾਰਾਂ ਨਾਲ) ਲਿਬੜਿਆ ਹੋਇਆ (ਏਥੇ ਜਗਤ ਵਿਚ) ਲਿਆਂਦਾ ਗਿਆ, ਉਹ ਏਥੇ ਆ ਕੇ (ਹੋਰ ਵਿਕਾਰਾਂ ਵਿਚ ਹੀ) ਲਿੱਬੜਦਾ ਹੈ (ਤੇ ਸ਼ਰਾਬ ਆਦਿਕ ਕੁਕਰਮ ਵਿਚ ਪੈਂਦਾ ਹੈ), ਪਰ ਜਿਸ ਦੇ ਪੀਤਿਆਂ ਅਕਲ ਦੂਰ ਹੋ ਜਾਂਦੀ ਹੈ ਤੇ ਬਕਣ ਦਾ ਜੋਸ਼ ਆ ਚੜ੍ਹਦਾ ਹੈ, ਆਪਣੇ ਪਰਾਏ ਦੀ ਪਛਾਣ ਨਹੀਂ ਰਹਿੰਦੀ, ਮਾਲਕ ਵੱਲੋਂ ਧੱਕੇ ਪੈਂਦੇ ਹਨ, ਜਿਸ ਦੇ ਪੀਤਿਆਂ ਖਸਮ ਵਿਸਰਦਾ ਹੈ ਤੇ ਦਰਗਾਹ ਵਿਚ ਸਜ਼ਾ ਮਿਲਦੀ ਹੈ, ਐਸਾ ਚੰਦਰਾ ਸ਼ਰਾਬ, ਜਿਥੋਂ ਤਕ ਵੱਸ ਚੱਲੇ ਕਦੇ ਨਹੀਂ ਪੀਣਾ ਚਾਹੀਦਾ ।

ਹੇ ਨਾਨਕ! ਪ੍ਰਭੂ ਦੀ ਮੇਹਰ ਦੀ ਨਜ਼ਰ ਨਾਲ 'ਨਾਮ'-ਰੂਪ ਨਸ਼ਾ (ਉਸ ਮਨੁੱਖ ਨੂੰ) ਮਿਲਦਾ ਹੈ, ਜਿਸ ਨੂੰ ਗੁਰੂ ਆ ਕੇ ਮਿਲ ਪਏ, ਉਹ ਮਨੁੱਖ ਸਦਾ ਮਾਲਕ ਦੇ (ਨਾਮ ਦੇ) ਰੰਗ ਵਿਚ ਰਹਿੰਦਾ ਹੈ ਤੇ ਦਰਗਾਹ ਵਿਚ ਉਸ ਨੂੰ ਥਾਂ (ਭਾਵ, ਇੱਜ਼ਤ) ਮਿਲਦੀ ਹੈ ।੧।

ਮਃ ੩ ॥ ਇਹੁ ਜਗਤੁ ਜੀਵਤੁ ਮਰੈ ਜਾ ਇਸ ਨੋ ਸੋਝੀ ਹੋਇ ॥ ਜਾ ਤਿਨਿ ਸਵਾਲਿਆ ਤਾਂ ਸਵਿ ਰਹਿਆ ਜਗਾਏ ਤਾਂ ਸੁਧਿ ਹੋਇ ॥ ਨਾਨਕ ਨਦਰਿ ਕਰੇ ਜੇ ਆਪਣੀ ਸਤਿਗੁਰੁ ਮੇਲੈ ਸੋਇ ॥ ਗੁਰ ਪ੍ਰਸਾਦਿ ਜੀਵਤੁ ਮਰੈ ਤਾ ਫਿਰਿ ਮਰਣੁ ਨ ਹੋਇ ॥੨॥ {ਪੰਨਾ 554}

ਪਦਅਰਥ:- ਤਿਨ੍ਹਿ—ਉਸ ਪ੍ਰਭੂ ਨੇ । ਸਵਿ ਰਹਿਆ—ਸੁੱਤਾ ਰਹਿੰਦਾ ਹੈ । ਸੁਧਿ—ਸਮਝ, ਸੂਝ ।

ਅਰਥ:- ਜਦੋਂ ਇਸ ਸੰਸਾਰ ਨੂੰ (ਭਾਵ, ਸੰਸਾਰੀ ਜੀਵਾਂ ਨੂੰ) ਸਮਝ ਪੈਂਦੀ ਹੈ ਤਦੋਂ ਇਹ ਜੀਊਂਦਾ ਹੀ ਮਰਦਾ ਹੈ (ਭਾਵ, ਮਾਇਆ ਵਿਚ ਵਿਚਰਦਾ ਹੋਇਆ ਹੀ ਮਾਇਆ ਵਲੋਂ ਉਪਰਾਮ ਰਹਿੰਦਾ ਹੈ;) (ਪਰ) ਸੂਝ ਤਦੋਂ ਹੁੰਦੀ ਹੈ ਜਦੋਂ ਪ੍ਰਭੂ ਆਪ ਜਗਾਉਂਦਾ ਹੈ, ਜਦ ਤਾਈਂ ਉਸ ਨੇ (ਮਾਇਆ ਵਿਚ) ਸਵਾਲਿਆ ਹੋਇਆ ਹੈ, ਤਦ ਤਾਈਂ ਸੁੱਤਾ ਰਹਿੰਦਾ ਹੈ ।

ਹੇ ਨਾਨਕ! ਜੇ ਪ੍ਰਭੂ ਆਪਣੀ ਮੇਹਰ ਦੀ ਨਜ਼ਰ ਕਰੇ, ਤਾਂ ਉਹ ਆਪ (ਸੰਸਾਰ ਨੂੰ) ਸਤਿਗੁਰੂ ਮੇਲਦਾ ਹੈ, ਤੇ ਸਤਿਗੁਰੂ ਦੀ ਕਿਰਪਾ ਨਾਲ (ਸੰਸਾਰ) ਜੀਊਂਦਾ ਹੋਇਆ ਹੀ ਮਰਦਾ ਹੈ, ਫੇਰ ਮੁੜ ਕੇ ਮਰਨਾ ਨਹੀਂ ਹੁੰਦਾ (ਭਾਵ, ਜਨਮ ਮਰਨ ਤੋਂ ਬਚ ਜਾਂਦਾ ਹੈ) ।੨।

ਪਉੜੀ ॥ ਜਿਸ ਦਾ ਕੀਤਾ ਸਭੁ ਕਿਛੁ ਹੋਵੈ ਤਿਸ ਨੋ ਪਰਵਾਹ ਨਾਹੀ ਕਿਸੈ ਕੇਰੀ ॥ ਹਰਿ ਜੀਉ ਤੇਰਾ ਦਿਤਾ ਸਭੁ ਕੋ ਖਾਵੈ ਸਭ ਮੁਹਤਾਜੀ ਕਢੈ ਤੇਰੀ ॥ ਜਿ ਤੁਧ ਨੋ ਸਾਲਾਹੇ ਸੁ ਸਭੁ ਕਿਛੁ ਪਾਵੈ ਜਿਸ ਨੋ ਕਿਰਪਾ ਨਿਰੰਜਨ ਕੇਰੀ ॥ ਸੋਈ ਸਾਹੁ ਸਚਾ ਵਣਜਾਰਾ ਜਿਨਿ ਵਖਰੁ ਲਦਿਆ ਹਰਿ ਨਾਮੁ ਧਨੁ ਤੇਰੀ ॥ ਸਭਿ ਤਿਸੈ ਨੋ ਸਾਲਾਹਿਹੁ ਸੰਤਹੁ ਜਿਨਿ ਦੂਜੇ ਭਾਵ ਕੀ ਮਾਰਿ ਵਿਡਾਰੀ ਢੇਰੀ ॥੧੯॥ {ਪੰਨਾ 554-555}

ਅਰਥ:- ਉਸ ਪ੍ਰਭੂ ਨੂੰ ਕਿਸੇ ਦੀ ਕਾਣ ਨਹੀਂ ਕਿਉਂਕਿ ਸਭ ਕੁਝ ਹੁੰਦਾ ਹੀ ਉਸ ਦਾ ਕੀਤਾ ਹੋਇਆ ਹੈ; (ਸਗੋਂ), ਹੇ ਹਰੀ! ਸਾਰੀ ਸ੍ਰਿਸ਼ਟੀ ਤੇਰੀ ਮੁਥਾਜੀ ਕੱਢਦੀ ਹੈ (ਕਿਉਂਕਿ) ਹਰੇਕ ਜੀਵ ਤੇਰਾ ਦਿੱਤਾ ਖਾਂਦਾ ਹੈ ।

ਹੇ ਪ੍ਰਭੂ! ਜੋ ਮਨੁੱਖ ਤੇਰੀ ਸਿਫ਼ਤਿ-ਸਾਲਾਹ ਕਰਦਾ ਹੈ, ਉਸ ਨੂੰ ਸਭ ਕੁਝ ਪ੍ਰਾਪਤ ਹੁੰਦਾ ਹੈ, ਕਿਉਂਕਿ ਉਸ ਤੇ ਮਾਇਆ-ਰਹਿਤ ਪ੍ਰਭੂ ਦੀ ਕਿਰਪਾ ਹੁੰਦੀ ਹੈ, ਹੇ ਹਰੀ! ਜਿਸ ਨੇ ਤੇਰਾ ਨਾਮ (ਰੂਪ) ਧਨ ਵੱਖਰ ਲਦਿਆ ਹੈ ਉਹੀ ਸ਼ਾਹੂਕਾਰ ਹੈ ਤੇ ਸੱਚਾ ਵਣਜਾਰਾ ਹੈ ।

ਹੇ ਸੰਤ ਜਨੋ! ਜਿਸ ਪ੍ਰਭੂ ਨੇ ਮਾਇਆ ਦੇ ਮੋਹ ਦਾ ਟਿੱਬਾ (ਮਨ ਵਿਚੋਂ) ਢਾਹ ਕੇ ਕੱਢ ਦਿੱਤਾ ਹੈ, ਤੁਸੀ ਸਾਰੇ ਉਸੇ ਦੀ ਸਿਫ਼ਤਿ-ਸਾਲਾਹ ਕਰੋ ।੧੯।

ਸਲੋਕ ॥ ਕਬੀਰਾ ਮਰਤਾ ਮਰਤਾ ਜਗੁ ਮੁਆ ਮਰਿ ਭਿ ਨ ਜਾਨੈ ਕੋਇ ॥ ਐਸੀ ਮਰਨੀ ਜੋ ਮਰੈ ਬਹੁਰਿ ਨ ਮਰਨਾ ਹੋਇ ॥੧॥ {ਪੰਨਾ 555}

ਨੋਟ:- ਕਬੀਰ ਜੀ ਦੇ ਸਲੋਕਾਂ ਵਿਚ ਵੇਖੋ ਸਲੋਕ ਨੰ: ੨੯ ।

ਅਰਥ:- ਹੇ ਕਬੀਰ! ਮਰਦਾ ਮਰਦਾ (ਉਂਞ ਤਾਂ) ਸਾਰਾ ਸੰਸਾਰ ਮਰ ਰਿਹਾ ਹੈ, ਪਰ ਕਿਸੇ ਨੇ ਵੀ (ਸੱਚੇ) ਮਰਨ ਦੀ ਜਾਚ ਨਹੀਂ ਸਿੱਖੀ; ਜੋ ਮਨੁੱਖ ਇਸ ਤਰ੍ਹਾਂ ਦੀ ਸੱਚੀ ਮੌਤ ਮਰਦਾ ਹੈ, ਉਸ ਨੂੰ ਫਿਰ ਮਰਨਾ ਨਹੀਂ ਪੈਂਦਾ ।੧।

ਮਃ ੩ ॥ ਕਿਆ ਜਾਣਾ ਕਿਵ ਮਰਹਗੇ ਕੈਸਾ ਮਰਣਾ ਹੋਇ ॥ ਜੇ ਕਰਿ ਸਾਹਿਬੁ ਮਨਹੁ ਨ ਵੀਸਰੈ ਤਾ ਸਹਿਲਾ ਮਰਣਾ ਹੋਇ ॥ ਮਰਣੈ ਤੇ ਜਗਤੁ ਡਰੈ ਜੀਵਿਆ ਲੋੜੈ ਸਭੁ ਕੋਇ ॥

ਗੁਰ ਪਰਸਾਦੀ ਜੀਵਤੁ ਮਰੈ ਹੁਕਮੈ ਬੂਝੈ ਸੋਇ ॥ ਨਾਨਕ ਐਸੀ ਮਰਨੀ ਜੋ ਮਰੈ ਤਾ ਸਦ ਜੀਵਣੁ ਹੋਇ ॥੨॥ {ਪੰਨਾ 555}

ਅਰਥ:- ਮੈਨੂੰ ਤਾਂ ਇਹ ਪਤਾ ਨਹੀਂ ਕਿ (ਸੱਚਾ) ਮਰਨਾ ਕੀਹ ਹੁੰਦਾ ਹੈ ਤੇ ਸਾਨੂੰ ਕਿਵੇਂ ਮਰਨਾ ਚਾਹੀਦਾ ਹੈ, ਜੇ ਮਾਲਕ ਮਨੋਂ ਵਿਸਾਰ ਨਾਹ, ਤਾਂ ਸੁਖੱਲਾ ਮਰਨਾ ਹੁੰਦਾ ਹੈ (ਭਾਵ, ਮਨੁੱਖ ਸੌਖਾ ਹੀ ਮਾਇਆ ਦੇ ਪ੍ਰਭਾਵ ਤੋਂ ਬਚ ਜਾਂਦਾ ਹੈ) ।

ਮਰਨ ਤੋਂ ਸਾਰਾ ਸੰਸਾਰ ਡਰਦਾ ਹੈ, ਹਰ ਕੋਈ ਜੀਊਣਾ ਚਾਹੁੰਦਾ ਹੈ, ਗੁਰੂ ਦੀ ਕਿਰਪਾ ਨਾਲ ਜੋ ਮਨੁੱਖ ਜੀਊਂਦਾ ਹੀ ਮਰਦਾ ਹੈ, ਉਹ ਹਰੀ ਦੀ ਰਜ਼ਾ ਨੂੰ ਸਮਝਦਾ ਹੈ, ਹੇ ਨਾਨਕ! ਇਸ ਤਰ੍ਹਾਂ ਦੀ ਮੌਤ ਜੋ ਮਰਦਾ ਹੈ, (ਭਾਵ, ਜੋ ਮਨੁੱਖ ਪ੍ਰਭੂ ਦੀ ਰਜ਼ਾ ਵਿਚ ਤੁਰਦਾ ਹੈ) ਉਸ ਨੂੰ ਅਟੱਲ ਜੀਵਨ ਮਿਲ ਜਾਂਦਾ ਹੈ ।੨।

ਪਉੜੀ ॥ ਜਾ ਆਪਿ ਕ੍ਰਿਪਾਲੁ ਹੋਵੈ ਹਰਿ ਸੁਆਮੀ ਤਾ ਆਪਣਾਂ ਨਾਉ ਹਰਿ ਆਪਿ ਜਪਾਵੈ ॥ ਆਪੇ ਸਤਿਗੁਰੁ ਮੇਲਿ ਸੁਖੁ ਦੇਵੈ ਆਪਣਾਂ ਸੇਵਕੁ ਆਪਿ ਹਰਿ ਭਾਵੈ ॥ ਆਪਣਿਆ ਸੇਵਕਾ ਕੀ ਆਪਿ ਪੈਜ ਰਖੈ ਆਪਣਿਆ ਭਗਤਾ ਕੀ ਪੈਰੀ ਪਾਵੈ ॥ ਧਰਮ ਰਾਇ ਹੈ ਹਰਿ ਕਾ ਕੀਆ ਹਰਿ ਜਨ ਸੇਵਕ ਨੇੜਿ ਨ ਆਵੈ ॥ ਜੋ ਹਰਿ ਕਾ ਪਿਆਰਾ ਸੋ ਸਭਨਾ ਕਾ ਪਿਆਰਾ ਹੋਰ ਕੇਤੀ ਝਖਿ ਝਖਿ ਆਵੈ ਜਾਵੈ ॥੧੭॥ {ਪੰਨਾ 555}

ਅਰਥ:- ਜਦੋਂ ਹਰੀ ਸੁਆਮੀ ਆਪ ਮੇਹਰਵਾਨ ਹੁੰਦਾ ਹੈ ਤਾਂ ਆਪਣਾ ਨਾਮ (ਜੀਵਾਂ ਪਾਸੋਂ) ਆਪ ਜਪਾਉਂਦਾ ਹੈ; ਆਪਣਾ ਸੇਵਕ ਹਰੀ ਨੂੰ ਪਿਆਰਾ ਲੱਗਦਾ ਹੈ, ਉਸ ਨੂੰ ਆਪ ਹੀ ਸਤਿਗੁਰੂ ਮਿਲ ਕੇ ਸੁਖ ਬਖ਼ਸ਼ਦਾ ਹੈ । ਪ੍ਰਭੂ ਆਪਣੇ ਸੇਵਕਾਂ ਦੀ ਆਪ ਲਾਜ ਰੱਖਦਾ ਹੈ, (ਸੰਸਾਰ ਨੂੰ) ਆਪਣੇ ਭਗਤਾਂ ਦੀ ਚਰਨੀਂ ਲਿਆ ਪਾਂਦਾ ਹੈ, (ਹੋਰ ਤਾਂ ਹੋਰ) ਧਰਮ ਰਾਜ ਭੀ ਜੋ ਪ੍ਰਭੂ ਦਾ ਹੀ ਬਣਾਇਆ ਹੋਇਆ ਹੈ, ਪ੍ਰਭੂ ਦੇ ਸੇਵਕ ਦੇ ਨੇੜੇ ਨਹੀਂ ਆਉਂਦਾ ।

(ਮੁੱਕਦੀ ਗੱਲ ਇਹ, ਹੈ ਕਿ) ਜੋ ਮਨੁੱਖ ਪ੍ਰਭੂ ਦਾ ਪਿਆਰਾ ਹੈ ਉਹ ਸਭ ਦਾ ਪਿਆਰਾ ਹੈ (ਭਾਵ, ਉਸ ਨੂੰ ਸਭ ਲੋਕ ਪਿਆਰ ਕਰਦੇ ਹਨ); (ਤੇ ਬਾਕੀ) ਹੋਰ ਬਥੇਰੀ ਸ੍ਰਿਸ਼ਟੀ ਖਪ ਖਪ ਕੇ ਜੰਮਦੀ ਮਰਦੀ ਹੈ ।੧੭।

ਸਲੋਕ ਮਃ ੩ ॥ ਰਾਮੁ ਰਾਮੁ ਕਰਤਾ ਸਭੁ ਜਗੁ ਫਿਰੈ ਰਾਮੁ ਨ ਪਾਇਆ ਜਾਇ ॥ ਅਗਮੁ ਅਗੋਚਰੁ ਅਤਿ ਵਡਾ ਅਤੁਲੁ ਨ ਤੁਲਿਆ ਜਾਇ ॥ ਕੀਮਤਿ ਕਿਨੈ ਨ ਪਾਈਆ ਕਿਤੈ ਨ ਲਇਆ ਜਾਇ ॥ ਗੁਰ ਕੈ ਸਬਦਿ ਭੇਦਿਆ ਇਨ ਬਿਧਿ ਵਸਿਆ ਮਨਿ ਆਇ ॥ ਨਾਨਕ ਆਪਿ ਅਮੇਉ ਹੈ ਗੁਰ ਕਿਰਪਾ ਤੇ ਰਹਿਆ ਸਮਾਇ ॥ ਆਪੇ ਮਿਲਿਆ ਮਿਲਿ ਰਹਿਆ ਆਪੇ ਮਿਲਿਆ ਆਇ ॥੧॥ {ਪੰਨਾ 555}

ਪਦਅਰਥ:- ਅਗੋਚਰੁ—ਅ+ਗੋ+ਚਰ; ਇੰਦ੍ਰਿਆਂ ਦੀ ਪਹੁੰਚ ਤੋਂ ਪਰੇ । ਅਤੁਲੁ—ਅੰਦਾਜ਼ੇ ਤੋਂ ਬਾਹਰ । ਕਿਤੈ—ਕਿਸੇ ਥਾਂ ਤੋਂ । ਭੇਦਿਆ—ਵਿੰਨ੍ਹਿਆ । ਇਨਬਿਧਿ—ਇਸ ਤਰ੍ਹਾਂ । ਅਮੇਉ—ਜੋ ਮਿਣਿਆ ਨਾਹ ਜਾ ਸਕੇ । ਆਪੇ—ਆਪ ਹੀ ।

ਅਰਥ:- ਸਾਰਾ ਸੰਸਾਰ (ਮੂੰਹੋਂ) 'ਰਾਮ, ਰਾਮ' ਆਖਦਾ ਫਿਰਦਾ ਹੈ ਪਰ ਇਸ ਤਰ੍ਹਾਂ 'ਰਾਮ' ਲੱਭਿਆ ਨਹੀਂ ਜਾਂਦਾ; ਕਿਉਂਕਿ ਉਹ ਅਪਹੁੰਚ ਹੈ ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, ਬੜਾ ਵੱਡਾ ਹੈ ਅਤੁੱਲ ਹੈ ਤੇ ਤੋਲਿਆ ਨਹੀਂ ਜਾ ਸਕਦਾ, ਕਿਸੇ ਉਸ ਦੀ ਕੀਮਤਿ ਨਹੀਂ ਪਾਈ (ਭਾਵ, ਉਸਦੀ ਪ੍ਰਾਪਤੀ ਦਾ ਮੁੱਲ ਕਿਸੇ ਨੂੰ ਪਤਾ ਨਹੀਂ) ਤੇ ਕਿਸੇ ਥਾਂ ਤੋਂ (ਮੁੱਲ ਦੇ ਕੇ) ਲਿਆ ਭੀ ਨਹੀਂ ਜਾਂਦਾ ।

(ਪਰ ਹਾਂ, ਇੱਕ ਤਰੀਕਾ ਹੈ) ਜੇ ਗੁਰੂ ਦੇ ਸ਼ਬਦ ਨਾਲ (ਮਨ) ਵਿੰਨ੍ਹਿਆ ਜਾਏ ਤਾਂ ਇਸ ਤਰ੍ਹਾਂ ਪ੍ਰਭੂ ਮਨ ਵਿਚ ਆ ਵੱਸਦਾ ਹੈ । ਹੇ ਨਾਨਕ! ਪ੍ਰਭੂ ਆਪ ਤਾਂ ਮਿਣਤੀ ਤੋਂ ਪਰੇ ਹੈ, ਪਰ ਸਤਿਗੁਰੂ ਦੀ ਕਿਰਪਾ ਨਾਲ (ਇਹ ਪਤਾ ਮਿਲ ਜਾਂਦਾ ਹੈ ਕਿ ਉਹ ਸਾਰੀ ਸ੍ਰਿਸ਼ਟੀ ਵਿਚ) ਵਿਆਪਕ ਹੈ; ਪ੍ਰਭੂ ਆਪ ਹੀ ਹਰ ਥਾਂ ਮਿਲਿਆ ਹੋਇਆ ਹੈ ਤੇ (ਜੀਵ ਦੇ ਹਿਰਦੇ ਵਿਚ) ਆਪ ਹੀ ਆ ਕੇ ਪਰਗਟ ਹੁੰਦਾ ਹੈ ।੧।

ਮਃ ੩ ॥ ਏ ਮਨ ਇਹੁ ਧਨੁ ਨਾਮੁ ਹੈ ਜਿਤੁ ਸਦਾ ਸਦਾ ਸੁਖੁ ਹੋਇ ॥ ਤੋਟਾ ਮੂਲਿ ਨ ਆਵਈ ਲਾਹਾ ਸਦ ਹੀ ਹੋਇ ॥ ਖਾਧੈ ਖਰਚਿਐ ਤੋਟਿ ਨ ਆਵਈ ਸਦਾ ਸਦਾ ਓਹੁ ਦੇਇ ॥ ਸਹਸਾ ਮੂਲਿ ਨ ਹੋਵਈ ਹਾਣਤ ਕਦੇ ਨ ਹੋਇ ॥ ਨਾਨਕ ਗੁਰਮੁਖਿ ਪਾਈਐ ਜਾ ਕਉ ਨਦਰਿ ਕਰੇਇ ॥੨॥ {ਪੰਨਾ 555}

ਪਦਅਰਥ:- ਜਿਤੁ—ਜਿਸ ਨਾਲ । ਤੋਟਿ—ਘਾਟਾ । ਸਹਸਾ—ਤੌਖ਼ਲਾ । ਹਾਣਤ—ਸ਼ਰਮਿੰਦਗੀ ।

ਅਰਥ:- ਹੇ ਮਨ! ਜਿਸ ਧਨ ਨਾਲ ਸਦਾ ਹੀ ਸੁਖ ਹੁੰਦਾ ਹੈ ਉਹ ਧਨ 'ਨਾਮ' ਹੈ, ਏਸ ਧਨ ਨੂੰ ਘਾਟਾ ਉੱਕਾ ਹੀ ਨਹੀਂ, ਸਦਾ ਲਾਭ ਹੀ ਲਾਭ ਹੈ, ਖਾਣ ਨਾਲ ਤੇ ਖ਼ਰਚਣ ਨਾਲ ਭੀ ਘਾਟ ਨਹੀਂ ਪੈਂਦੀ, (ਕਿਉਂਕਿ) ਉਹ ਪ੍ਰਭੂ ਸਦਾ ਹੀ (ਇਹ ਧਨ) ਦੇਈ ਜਾਂਦਾ ਹੈ । (ਏਥੇ) ਕਦੇ (ਇਸ ਧਨ ਸੰਬੰਧੀ) ਕੋਈ ਚਿੰਤਾ ਨਹੀਂ ਹੁੰਦੀ ਤੇ (ਅੱਗੇ ਦਰਗਾਹ ਵਿਚ) ਸ਼ਰਮਿੰਦਗੀ ਨਹੀਂ ਉਠਾਣੀ ਪੈਂਦੀ ।

(ਪਰ) ਹੇ ਨਾਨਕ! ਜਿਸ ਮਨੁੱਖ ਉਤੇ ਪ੍ਰਭੂ ਮੇਹਰ ਦੀ ਨਜ਼ਰ ਕਰਦਾ ਹੈ, ਉਸ ਨੂੰ ਸਤਿਗੁਰੂ ਦੇ ਸਨਮੁਖ ਹੋਇਆਂ ਹੀ (ਇਹ ਧਨ) ਲੱਭਦਾ ਹੈ ।

ਪਉੜੀ ॥ ਆਪੇ ਸਭ ਘਟ ਅੰਦਰੇ ਆਪੇ ਹੀ ਬਾਹਰਿ ॥ ਆਪੇ ਗੁਪਤੁ ਵਰਤਦਾ ਆਪੇ ਹੀ ਜਾਹਰਿ ॥ ਜੁਗ ਛਤੀਹ ਗੁਬਾਰੁ ਕਰਿ ਵਰਤਿਆ ਸੁੰਨਾਹਰਿ ॥ ਓਥੈ ਵੇਦ ਪੁਰਾਨ ਨ ਸਾਸਤਾ ਆਪੇ ਹਰਿ ਨਰਹਰਿ ॥ ਬੈਠਾ ਤਾੜੀ ਲਾਇ ਆਪਿ ਸਭ ਦੂ ਹੀ ਬਾਹਰਿ ॥ ਆਪਣੀ ਮਿਤਿ ਆਪਿ ਜਾਣਦਾ ਆਪੇ ਹੀ ਗਉਹਰੁ ॥੧੮॥ {ਪੰਨਾ 555}

ਪਦਅਰਥ:- ਘਟ—ਸਰੀਰ । ਗੁਪਤੁ—ਲੁਕਿਆ ਹੋਇਆ । ਵਰਤਦਾ—ਮੌਜੂਦ ਹੈ । ਜਾਹਰਿ—ਪ੍ਰਤੱਖ, ਸਾਹਮਣੇ । ਜੁਗ ਛਤੀਹ—੩੬ ਜੁਗ, ਬੇਅੰਤ ਸਮਾ । ਸੁੰਨਾਹਰਿ—ਅਫੁਰ ਅਵਸਥਾ ਵਿਚ । ਨਰਹਰਿ—ਮਨੁੱਖਾਂ ਦਾ ਮਾਲਕ । ਮਿਤਿ—ਮਾਪ, ਅੰਦਾਜ਼ਾ । ਆਪਣੀ ਮਿਤਿ—ਆਪਣੇ ਆਪ ਦਾ ਮਾਪ । ਗਉਹਰੁ—ਡੂੰਘਾ ਸਮੁੰਦਰ ।

ਅਰਥ:- ਪ੍ਰਭੂ ਆਪ ਹੀ ਸਾਰੇ ਸਰੀਰਾਂ ਦੇ ਵਿਚ ਹੈ ਤੇ ਆਪ ਹੀ ਸਭ ਤੋਂ ਵੱਖਰਾ ਹੈ, ਆਪ ਹੀ (ਸਭ ਵਿਚ) ਲੁਕਿਆ ਹੋਇਆ ਹੈ ਤੇ ਪ੍ਰਤੱਖ (ਦਿੱਸ ਰਿਹਾ ਹੈ) ।

ਪ੍ਰਭੂ ਆਪ ਹੀ ਕਈ ਜੁਗ ਘੁੱਪ ਹਨੇਰਾ ਕਰ ਕੇ ਸੁੰਨ (ਅਫੁਰ) ਹਾਲਤ ਵਿਚ ਵਰਤਦਾ ਹੈ; ਉਸ ਸੁੰਨ

ਅਵਸਥਾ ਵੇਲੇ ਜੀਵਾਂ ਦਾ ਮਾਲਕ ਪ੍ਰਭੂ ਆਪ ਹੀ ਆਪ ਹੁੰਦਾ ਹੈ; ਵੇਦ ਪੁਰਾਨ ਸ਼ਾਸਤ੍ਰ ਆਦਿਕ ਕੋਈ ਭੀ ਧਰਮ ਪੁਸਤਕ ਤਦੋਂ ਨਹੀਂ ਹੁੰਦੀ । (ਜੀਵਾਂ ਨੂੰ ਰਚ ਕੇ) ਸਭ ਤੋਂ ਵੱਖਰਾ ਭੀ ਪ੍ਰਭੂ ਸਮਾਧੀ ਲਾ ਕੇ ਬੈਠਾ ਹੋਇਆ ਹੈ (ਭਾਵ, ਮਾਇਆ ਦੀ ਰਚਨਾ ਰਚ ਕੇ ਭੀ ਇਸ ਮਾਇਆ ਦੇ ਪ੍ਰਭਾਵ ਤੋਂ ਆਪ ਵੱਖਰਾ ਨਿਰਲੇਪ ਹੈ) ।

ਪ੍ਰਭੂ ਆਪ ਹੀ (ਮਾਨੋ) ਡੂੰਘਾ ਸਮੁੰਦਰ ਹੈ, ਉਹ ਕਿਤਨਾ ਵੱਡਾ ਹੈ—ਇਹ ਗੱਲ ਉਹ ਆਪ ਹੀ ਜਾਣਦਾ ਹੈ ।੧੮।

ਸਲੋਕ ਮਃ ੩ ॥ ਹਉਮੈ ਵਿਚਿ ਜਗਤੁ ਮੁਆ ਮਰਦੋ ਮਰਦਾ ਜਾਇ ॥ ਜਿਚਰੁ ਵਿਚਿ ਦੰਮੁ ਹੈ ਤਿਚਰੁ ਨ ਚੇਤਈ ਕਿ ਕਰੇਗੁ ਅਗੈ ਜਾਇ ॥ ਗਿਆਨੀ ਹੋਇ ਸੁ ਚੇਤੰਨੁ ਹੋਇ ਅਗਿਆਨੀ ਅੰਧੁ ਕਮਾਇ ॥ ਨਾਨਕ ਏਥੈ ਕਮਾਵੈ ਸੋ ਮਿਲੈ ਅਗੈ ਪਾਏ ਜਾਇ ॥੧॥ {ਪੰਨਾ 556}

ਪਦਅਰਥ:- ਕਰੇਗੁ—ਕਰੇਗਾ । ਗਿਆਨੀ—ਸਮਝਦਾਰ । ਅਗਿਆਨੀ—ਮੂਰਖ । ਅੰਧੁ—ਅੰਨ੍ਹਿਆਂ ਵਾਲਾ ਕੰਮ ।

ਅਰਥ:- ਸੰਸਾਰ ਹਉਮੈ ਵਿਚ ਮੁਇਆ ਪਿਆ ਹੈ, ਨਿੱਤ (ਹਿਠਾਂ ਹਿਠਾਂ) ਪਿਆ ਗਰਕਦਾ ਹੀ ਹੈ; ਜਦ ਤਾਈਂ ਸਰੀਰ ਵਿਚ ਦਮ ਹੈ, ਪ੍ਰਭੂ ਨੂੰ ਯਾਦ ਨਹੀਂ ਕਰਦਾ; (ਸੰਸਾਰੀ ਜੀਵ ਹਉਮੈ ਵਿਚ ਰਹਿ ਕੇ ਕਦੇ ਨਹੀਂ ਸੋਚਦਾ ਕਿ) ਅਗਾਂਹ ਦਰਗਾਹ ਵਿਚ ਜਾ ਕੇ ਕੀਹ ਹਾਲ ਹੋਵੇਗਾ ।

ਜੋ ਮਨੁੱਖ ਗਿਆਨਵਾਨ ਹੁੰਦਾ ਹੈ, ਉਹ ਸੁਚੇਤ ਰਹਿੰਦਾ ਹੈ ਤੇ ਅਗਿਆਨੀ ਮਨੁੱਖ ਅਗਿਆਨਤਾ ਦਾ ਕੰਮ ਹੀ ਕਰਦਾ ਹੈ; ਹੇ ਨਾਨਕ! ਮਨੁੱਖਾ ਜਨਮ ਵਿਚ ਜੋ ਕੁਝ ਮਨੁੱਖ ਕਮਾਈ ਕਰਦਾ ਹੈ, ਉਹੋ ਮਿਲਦੀ ਹੈ, ਪਰਲੋਕ ਵਿਚ ਭੀ ਜਾ ਕੇ ਉਹੋ ਮਿਲਦੀ ਹੈ ।੧।

ਮਃ ੩ ॥ ਧੁਰਿ ਖਸਮੈ ਕਾ ਹੁਕਮੁ ਪਇਆ ਵਿਣੁ ਸਤਿਗੁਰ ਚੇਤਿਆ ਨ ਜਾਇ ॥ ਸਤਿਗੁਰਿ ਮਿਲਿਐ ਅੰਤਰਿ ਰਵਿ ਰਹਿਆ ਸਦਾ ਰਹਿਆ ਲਿਵ ਲਾਇ ॥ ਦਮਿ ਦਮਿ ਸਦਾ ਸਮਾਲਦਾ ਦੰਮੁ ਨ ਬਿਰਥਾ ਜਾਇ ॥ ਜਨਮ ਮਰਨ ਕਾ ਭਉ ਗਇਆ ਜੀਵਨ ਪਦਵੀ ਪਾਇ ॥ ਨਾਨਕ ਇਹੁ ਮਰਤਬਾ ਤਿਸ ਨੋ ਦੇਇ ਜਿਸ ਨੋ ਕਿਰਪਾ ਕਰੇ ਰਜਾਇ ॥੨॥ {ਪੰਨਾ 556}

ਪਦਅਰਥ:- ਦੰਮੁ—ਸੁਆਸ । ਬਿਰਥਾ—ਖ਼ਾਲੀ । ਪਦਵੀ—ਦਰਜਾ, ਮਰਤਬਾ ।

ਅਰਥ:- ਧੁਰੋਂ ਹੀ ਪ੍ਰਭੂ ਦਾ ਹੁਕਮ ਚਲਿਆ ਆਉਂਦਾ ਹੈ ਕਿ ਸਤਿਗੁਰੂ ਤੋਂ ਬਿਨਾਂ ਪ੍ਰਭੂ ਸਿਮਰਿਆ ਨਹੀਂ ਜਾ ਸਕਦਾ; ਸਤਿਗੁਰੂ ਦੇ ਮਿਲਿਆਂ ਪ੍ਰਭੂ ਮਨੁੱਖ ਦੇ ਹਿਰਦੇ ਵਿਚ ਵੱਸ ਪੈਂਦਾ ਹੈ ਤੇ ਮਨੁੱਖ ਸਦਾ ਉਸ ਵਿਚ ਬਿਰਤੀ ਜੋੜੀ ਰੱਖਦਾ ਹੈ; ਸੁਆਸ ਸੁਆਸ ਉਸ ਨੂੰ ਚੇਤਦਾ ਹੈ, ਇੱਕ ਭੀ ਸੁਆਸ ਖ਼ਾਲੀ ਨਹੀਂ ਜਾਂਦਾ; (ਇਸ ਤਰ੍ਹਾਂ ਉਸ ਦਾ) ਜੰਮਣ ਮਰਨ ਦਾ ਡਰ ਮੁੱਕ ਜਾਂਦਾ ਹੈ ਤੇ ਉਸ ਨੂੰ (ਅਸਲ ਮਨੁੱਖਾ) ਜੀਵਨ ਦਾ ਮਰਤਬਾ ਮਿਲ ਜਾਂਦਾ ਹੈ ।

ਹੇ ਨਾਨਕ! ਪ੍ਰਭੂ ਇਹ ਦਰਜਾ (ਭਾਵ, ਜੀਵਨ-ਪਦਵੀ) ਉਸ ਮਨੁੱਖ ਨੂੰ ਦੇਂਦਾ ਹੈ ਜਿਸ ਤੇ ਆਪਣੀ ਰਜ਼ਾ ਵਿਚ ਮੇਹਰ ਕਰਦਾ ਹੈ ।੨।

ਪਉੜੀ ॥ ਆਪੇ ਦਾਨਾਂ ਬੀਨਿਆ ਆਪੇ ਪਰਧਾਨਾਂ ॥ ਆਪੇ ਰੂਪ ਦਿਖਾਲਦਾ ਆਪੇ ਲਾਇ ਧਿਆਨਾਂ ॥ ਆਪੇ ਮੋਨੀ ਵਰਤਦਾ ਆਪੇ ਕਥੈ ਗਿਆਨਾਂ ॥ ਕਉੜਾ ਕਿਸੈ ਨ ਲਗਈ ਸਭਨਾ ਹੀ ਭਾਨਾ ॥ ਉਸਤਤਿ ਬਰਨਿ ਨ ਸਕੀਐ ਸਦ ਸਦ ਕੁਰਬਾਨਾ ॥੧੯॥ {ਪੰਨਾ 556}

ਅਰਥ:- ਪ੍ਰਭੂ ਆਪ ਹੀ ਸਿਆਣਾ ਹੈ, ਆਪ ਹੀ ਚਤੁਰ ਹੈ ਤੇ ਆਪ ਹੀ ਆਗੂ ਹੈ, ਆਪ ਹੀ (ਆਪਣੇ) ਰੂਪ ਵਿਖਾਲਦਾ ਹੈ ਤੇ ਆਪ ਹੀ ਬਿਰਤੀ ਜੋੜਦਾ ਹੈ, ਆਪ ਹੀ ਮੋਨਧਾਰੀ ਹੈ ਤੇ ਆਪ ਹੀ ਗਿਆਨ ਦੀਆਂ ਗੱਲਾਂ ਕਰਨ ਵਾਲਾ ਹੈ, ਕਿਸੇ ਨੂੰ ਕੌੜਾ ਨਹੀਂ ਲੱਗਦਾ (ਕਿਸੇ ਨੂੰ ਕਿਸੇ ਰੰਗ ਵਿਚ, ਕਿਸੇ ਨੂੰ ਕਿਸੇ ਰੰਗ ਵਿਚ) ਸਭਨਾਂ ਨੂੰ ਪਿਆਰਾ ਲੱਗਦਾ ਹੈ । ਐਸੇ ਪ੍ਰਭੂ ਤੋਂ ਮੈਂ ਸਦਕੇ ਹਾਂ, ਉਸ ਦੇ ਗੁਣ ਬਿਆਨ ਨਹੀਂ ਕੀਤੇ ਜਾ ਸਕਦੇ ।੧੯।

ਸਲੋਕ ਮਃ ੧ ॥ ਕਲੀ ਅੰਦਰਿ ਨਾਨਕਾ ਜਿੰਨਾਂ ਦਾ ਅਉਤਾਰੁ ॥ ਪੁਤੁ ਜਿਨੂਰਾ ਧੀਅ ਜਿੰਨੂਰੀ ਜੋਰੂ ਜਿੰਨਾ ਦਾ ਸਿਕਦਾਰੁ ॥੧॥ {ਪੰਨਾ 556}

ਪਦਅਰਥ:- ਜਿੰਨ—ਭੂਤ । ਅਉਤਾਰੁ—ਜਨਮ । ਜਿਨੂਰਾ—ਛੋਟਾ ਜਿੰਨ, ਭੂਤਨਾ । ਜਿੰਨੂਰੀ—ਭੂਤਨੀ ।

ਅਰਥ:- ਹੇ ਨਾਨਕ! ਕਲਜੁਗ ਵਿਚ (ਵਿਕਾਰੀ ਜੀਵਨ ਵਿਚ) ਰਹਿਣ ਵਾਲੇ (ਮਨੁੱਖ ਨਹੀਂ) ਭੂਤਨੇ ਜੰਮੇ ਹੋਏ ਹਨ, ਪੁਤ੍ਰ ਭੂਤਨਾ, ਧੀ ਭੂਤਨੀ ਤੇ ਇਸਤ੍ਰੀ (ਸਾਰੇ) ਭੂਤਨਿਆਂ ਦੀ ਸਿਰਦਾਰ ਹੈ (ਭਾਵ; ਨਾਮ ਤੋਂ ਸੱਖਣੇ ਸਭ ਜੀਵ ਭੂਤਨੇ ਹਨ) ।੧।

ਮਃ ੧ ॥ ਹਿੰਦੂ ਮੂਲੇ ਭੂਲੇ ਅਖੁਟੀ ਜਾਂਹੀ ॥ ਨਾਰਦਿ ਕਹਿਆ ਸਿ ਪੂਜ ਕਰਾਂਹੀ ॥ ਅੰਧੇ ਗੁੰਗੇ ਅੰਧ ਅੰਧਾਰੁ ॥ ਪਾਥਰੁ ਲੇ ਪੂਜਹਿ ਮੁਗਧ ਗਵਾਰ ॥ ਓਹਿ ਜਾ ਆਪਿ ਡੁਬੇ ਤੁਮ ਕਹਾ ਤਰਣਹਾਰੁ ॥੨॥ {ਪੰਨਾ 556}

ਪਦਅਰਥ:- ਮੂਲੇ—ਉੱਕਾ ਹੀ । ਅਖੁਟੀ ਜਾਂਹੀ—ਖੁੰਝੇ ਜਾ ਰਹੇ ਹਨ । ਨਾਰਦਿ—ਨਾਰਦ ਨੇ । ਗਵਾਰ—ਉਜੱਡ । ਓਹਿ—ਉਹ ਪੱਥਰ । ਕਹਾ—ਕਿਵੇਂ ।

ਅਰਥ:- ਹਿੰਦੂ ਉੱਕਾ ਹੀ ਭੁੱਲੇ ਹੋਏ ਖੁੰਝੇ ਜਾ ਰਹੇ ਹਨ, ਜੋ ਨਾਰਦ ਨੇ ਆਖਿਆ ਉਹੀ ਪੂਜਾ ਕਰਦੇ ਹਨ, ਇਹਨਾਂ ਅੰਨ੍ਹਿਆਂ ਗੁੰਗਿਆਂ ਵਾਸਤੇ ਹਨੇਰਾ ਘੁਪ ਬਣਿਆ ਪਿਆ ਹੈ (ਭਾਵ, ਨਾਹ ਇਹ ਸਹੀ ਰਸਤਾ ਵੇਖ ਰਹੇ ਹਨ ਤੇ ਨਾਹ ਮੂੰਹੋਂ ਪ੍ਰਭੂ ਦੇ ਗੁਣ ਗਾਉਂਦੇ ਹਨ), ਇਹ ਮੂਰਖ ਗਵਾਰ ਪੱਥਰ ਲੈ ਕੇ ਪੂਜ ਰਹੇ ਹਨ ।

(ਹੇ ਭਾਈ! ਜਿਨ੍ਹਾਂ ਪੱਥਰਾਂ ਨੂੰ ਪੂਜਦੇ ਹਉ) ਜਦੋਂ ਉਹ ਆਪ (ਪਾਣੀ ਵਿਚ) ਡੁੱਬ ਜਾਂਦੇ ਹਨ (ਤਾਂ ਉਹਨਾਂ ਨੂੰ ਪੂਜ ਕੇ) ਤੁਸੀ (ਸੰਸਾਰ-ਸਮੁੰਦਰ ਤੋਂ) ਕਿਵੇਂ ਤਰ ਸਕਦੇ ਹਉ?

ਪਉੜੀ ॥ ਸਭੁ ਕਿਹੁ ਤੇਰੈ ਵਸਿ ਹੈ ਤੂ ਸਚਾ ਸਾਹੁ ॥ ਭਗਤ ਰਤੇ ਰੰਗਿ ਏਕ ਕੈ ਪੂਰਾ ਵੇਸਾਹੁ ॥ ਅੰਮ੍ਰਿਤੁ ਭੋਜਨੁ ਨਾਮੁ ਹਰਿ ਰਜਿ ਰਜਿ ਜਨ ਖਾਹੁ ॥ ਸਭਿ ਪਦਾਰਥ ਪਾਈਅਨਿ ਸਿਮਰਣੁ

ਸਚੁ ਲਾਹੁ ॥ ਸੰਤ ਪਿਆਰੇ ਪਾਰਬ੍ਰਹਮ ਨਾਨਕ ਹਰਿ ਅਗਮ ਅਗਾਹੁ ॥੨੦॥ {ਪੰਨਾ 556}

ਪਦਅਰਥ:- ਸਭੁ ਕਿਹੁ—ਸਭ ਕੁਝ । ਸਚਾ—ਸਦਾ ਰਹਿਣ ਵਾਲਾ । ਰੰਗਿ—ਰੰਗ ਵਿਚ । ਵੇਸਾਹੁ—ਭਰੋਸਾ । ਪਾਈਅਨਿ—ਮਿਲਦੇ ਹਨ । ਲਾਹੁ—ਲਾਭ ।

ਅਰਥ:- ਹੇ ਪ੍ਰਭੂ! ਤੂੰ ਸੱਚਾ ਸ਼ਾਹ ਹੈਂ ਤੇ ਸਭ ਕੁਝ ਤੇਰੇ ਅਖ਼ਤਿਆਰ ਵਿਚ ਹੈ । ਭਜਨ ਕਰਨ ਵਾਲੇ ਦਾਸ ਇਕ ਹਰੀ ਦੇ (ਨਾਮ ਦੇ) ਰੰਗ ਵਿਚ ਰੰਗੇ ਹੋਏ ਹਨ ਤੇ ਉਸ ਤੇ ਉਹਨਾਂ ਨੂੰ ਪੂਰਾ ਭਰੋਸਾ ਹੈ, ਉਹ ਦਾਸ ਪ੍ਰਭੂ ਦਾ ਨਾਮ (ਰੂਪ) ਅਮਰ ਕਰਨ ਵਾਲਾ ਭੋਜਨ ਰੱਜ ਰੱਜ ਕੇ ਖਾਂਦੇ ਹਨ, ਸਾਰੇ ਪਦਾਰਥ ਉਹਨਾਂ ਨੂੰ ਮਿਲਦੇ ਹਨ, ਉਹ ਨਾਮ ਸਿਮਰਨ (ਰੂਪ) ਸੱਚਾ ਲਾਹਾ ਖੱਟਦੇ ਹਨ ।

ਹੇ ਨਾਨਕ! (ਮੁਕਦੀ ਗੱਲ ਇਹ ਹੈ, ਕਿ) ਜੋ ਪਾਰਬ੍ਰਹਮ ਪਹੁੰਚ ਤੋਂ ਪਰੇ ਤੇ ਅਗਾਧ ਹੈ, ਭਜਨ ਕਰਨ ਵਾਲੇ ਦਾਸ ਉਸ ਦੇ ਪਿਆਰੇ ਹਨ ।੨੦।

ਸਲੋਕ ਮਃ ੩ ॥ ਸਭੁ ਕਿਛੁ ਹੁਕਮੇ ਆਵਦਾ ਸਭੁ ਕਿਛੁ ਹੁਕਮੇ ਜਾਇ ॥ ਜੇ ਕੋ ਮੂਰਖੁ ਆਪਹੁ ਜਾਣੈ ਅੰਧਾ ਅੰਧੁ ਕਮਾਇ ॥ ਨਾਨਕ ਹੁਕਮੁ ਕੋ ਗੁਰਮੁਖਿ ਬੁਝੈ ਜਿਸ ਨੋ ਕਿਰਪਾ ਕਰੇ ਰਜਾਇ ॥੧॥ {ਪੰਨਾ 556}

ਅਰਥ:- ਹਰੇਕ ਚੀਜ਼ ਹੁਕਮ ਵਿਚ ਹੀ ਆਉਂਦੀ ਹੈ ਤੇ ਹੁਕਮ ਵਿਚ ਹੀ ਚਲੀ ਜਾਂਦੀ ਹੈ, ਜੇ ਕੋਈ ਮੂਰਖ ਆਪਣੇ ਆਪ ਨੂੰ (ਕੁਝ ਵੱਡਾ) ਸਮਝ ਲੈਂਦਾ ਹੈ, ਉਹ ਅੰਨ੍ਹਾ ਅੰਨ੍ਹਿਆਂ ਵਾਲਾ ਕੰਮ ਕਰਦਾ ਹੈ । ਹੇ ਨਾਨਕ! ਜਿਸ ਮਨੁੱਖ ਤੇ ਆਪਣੀ ਰਜ਼ਾ ਵਿਚ ਪ੍ਰਭੂ ਕਿਰਪਾ ਕਰਦਾ ਹੈ, ਉਹ ਕੋਈ ਵਿਰਲਾ ਗੁਰਮੁਖ ਹੁਕਮ ਦੀ ਪਛਾਣ ਕਰਦਾ ਹੈ ।੧।

ਮਃ ੩ ॥ ਸੋ ਜੋਗੀ ਜੁਗਤਿ ਸੋ ਪਾਏ ਜਿਸ ਨੋ ਗੁਰਮੁਖਿ ਨਾਮੁ ਪਰਾਪਤਿ ਹੋਇ ॥ ਤਿਸੁ ਜੋਗੀ ਕੀ ਨਗਰੀ ਸਭੁ ਕੋ ਵਸੈ ਭੇਖੀ ਜੋਗੁ ਨ ਹੋਇ ॥ ਨਾਨਕ ਐਸਾ ਵਿਰਲਾ ਕੋ ਜੋਗੀ ਜਿਸੁ ਘਟਿ ਪਰਗਟੁ ਹੋਇ ॥੨॥ {ਪੰਨਾ 556}

ਅਰਥ:- ਜਿਸ ਮਨੁੱਖ ਨੂੰ ਸਤਿਗੁਰੂ ਦੇ ਸਨਮੁਖ ਹੋ ਕੇ ਨਾਮ ਦੀ ਪ੍ਰਾਪਤੀ ਹੁੰਦੀ ਹੈ, ਉਹ ਸੱਚਾ ਜੋਗੀ ਹੈ, ਤੇ (ਜੋਗ ਦੀ ਜਾਚ ਉਸ ਨੂੰ ਆਈ ਹੈ, ਉਸ ਜੋਗੀ ਦੇ ਸਰੀਰ (ਰੂਪ) ਨਗਰ ਵਿਚ ਹਰੇਕ (ਗੁਣ) ਵੱਸਦਾ ਹੈ, (ਨਿਰੇ) ਭੇਖ ਨਾਲ (ਰੱਬ ਨਾਲ) ਮੇਲ ਨਹੀਂ ਹੁੰਦਾ । ਹੇ ਨਾਨਕ! ਜਿਸ ਦੇ ਹਿਰਦੇ ਵਿਚ ਪ੍ਰਭੂ ਪ੍ਰਤੱਖ ਹੋ ਜਾਂਦਾ ਹੈ, ਇਹੋ ਜਿਹਾ ਕੋਈ ਵਿਰਲਾ ਜੋਗੀ ਹੁੰਦਾ ਹੈ ।੨।

ਪਉੜੀ ॥ ਆਪੇ ਜੰਤ ਉਪਾਇਅਨੁ ਆਪੇ ਆਧਾਰੁ ॥ ਆਪੇ ਸੂਖਮੁ ਭਾਲੀਐ ਆਪੇ ਪਾਸਾਰੁ ॥ ਆਪਿ ਇਕਾਤੀ ਹੋਇ ਰਹੈ ਆਪੇ ਵਡ ਪਰਵਾਰੁ ॥ ਨਾਨਕੁ ਮੰਗੈ ਦਾਨੁ ਹਰਿ ਸੰਤਾ ਰੇਨਾਰੁ ॥ ਹੋਰੁ ਦਾਤਾਰੁ ਨ ਸੁਝਈ ਤੂ ਦੇਵਣਹਾਰੁ ॥੨੧॥੧॥ ਸੁਧੁ ॥ {ਪੰਨਾ 556}

ਪਦਅਰਥ:- ਜੰਤੁ—ਸਾਰੇ ਜੀਵ । ਉਪਾਇਅਨੁ—ਉਸ ਨੇ ਉਪਾਏ ਹਨ । ਆਧਾਰੁ—ਆਸਰਾ । ਸੂਖਮੁ—ਨਾ ਦਿੱਸਣ ਵਾਲਾ । ਰੈਨਾਰੁ—(ਚਰਨਾਂ ਦੀ) ਧੂੜ ।

ਅਰਥ:- ਉਸ ਨੇ ਆਪ ਹੀ ਜੀਵਾਂ ਨੂੰ ਪੈਦਾ ਕੀਤਾ ਹੈ ਤੇ ਆਪ ਹੀ (ਉਹਨਾਂ ਦਾ) ਆਸਰਾ (ਬਣਦਾ) ਹੈ, ਆਪ ਹੀ ਹਰੀ ਸੂਖਮ ਰੂਪ ਵੇਖੀਦਾ ਹੈ ਤੇ ਆਪ ਹੀ (ਸੰਸਾਰ ਦਾ) ਪਰਪੰਚ (ਰੂਪ) ਹੈ; ਆਪ ਹੀ ਇਕੱਲਾ ਹੋ ਕੇ ਰਹਿੰਦਾ ਹੈ ਤੇ ਆਪ ਹੀ ਵੱਡੇ ਪਰਵਾਰ ਵਾਲਾ ਹੈ ।

ਹੇ ਹਰੀ! ਨਾਨਕ ਤੇਰੇ ਸੰਤਾਂ ਦੀ ਚਰਨ-ਧੂੜ (ਰੂਪ) ਦਾਨ ਮੰਗਦਾ ਹੈ, ਤੂੰ ਹੀ ਦੇਣ ਵਾਲਾ ਹੈਂ, ਕੋਈ ਹੋਰ ਦਾਤਾ ਮੈਨੂੰ ਦਿੱਸ ਨਹੀਂ ਆਉਂਦਾ ।੨੧।੧।ਸੁਧੁ।

ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥ ਰਾਗੁ ਵਡਹੰਸੁ ਮਹਲਾ ੧ ਘਰੁ ੧ ॥ ਅਮਲੀ ਅਮਲੁ ਨ ਅੰਬੜੈ ਮਛੀ ਨੀਰੁ ਨ ਹੋਇ ॥ ਜੋ ਰਤੇ ਸਹਿ ਆਪਣੈ ਤਿਨ ਭਾਵੈ ਸਭੁ ਕੋਇ ॥੧॥ ਹਉ ਵਾਰੀ ਵੰਞਾ ਖੰਨੀਐ ਵੰਞਾ ਤਉ ਸਾਹਿਬ ਕੇ ਨਾਵੈ ॥੧॥ ਰਹਾਉ ॥ ਸਾਹਿਬੁ ਸਫਲਿਓ ਰੁਖੜਾ ਅੰਮ੍ਰਿਤੁ ਜਾ ਕਾ ਨਾਉ ॥ ਜਿਨ ਪੀਆ ਤੇ ਤ੍ਰਿਪਤ ਭਏ ਹਉ ਤਿਨ ਬਲਿਹਾਰੈ ਜਾਉ ॥੨॥ ਮੈ ਕੀ ਨਦਰਿ ਨ ਆਵਹੀ ਵਸਹਿ ਹਭੀਆਂ ਨਾਲਿ ॥ ਤਿਖਾ ਤਿਹਾਇਆ ਕਿਉ ਲਹੈ ਜਾ ਸਰ ਭੀਤਰਿ ਪਾਲਿ ॥੩॥ ਨਾਨਕੁ ਤੇਰਾ ਬਾਣੀਆ ਤੂ ਸਾਹਿਬੁ ਮੈ ਰਾਸਿ ॥ ਮਨ ਤੇ ਧੋਖਾ ਤਾ ਲਹੈ ਜਾ ਸਿਫਤਿ ਕਰੀ ਅਰਦਾਸਿ ॥੪॥੧॥ {ਪੰਨਾ 557}

ਪਦਅਰਥ:- ਅਮਲੀ—ਅਫ਼ੀਮੀ, ਆਦਿਕ ਨਸ਼ੇ ਦਾ ਆਦੀ । ਅਮਲੁ—ਅਫ਼ੀਮ (ਆਦਿਕ ਨਸ਼ਾ) । ਅੰਬੜੈ—ਅੱਪੜੇ, ਮਿਲੇ । ਨੀਰੁ—ਪਾਣੀ । ਸਹਿ—ਸਹ ਵਿਚ, ਖਸਮ (ਦੇ ਪਿਆਰ) ਵਿਚ । ਆਪਣੈ ਸਹਿ—ਆਪਣੇ ਖਸਮ ਦੇ ਪ੍ਰੇਮ ਵਿਚ । ਰਤੇ—ਰੰਗੇ ਹੋਏ । ਸਭੁ ਕੋਇ—ਹਰੇਕ ਜੀਵ ।੧।

ਹਉ—ਮੈਂ । ਵਾਰੀ ਵੰਞਾ—ਮੈਂ ਸਦਕੇ ਜਾਂਦਾ ਹਾਂ । ਖੰਨੀਐ ਵੰਞਾ—ਟੋਟੇ ਟੋਏ ਹੁੰਦਾ ਹਾਂ, ਕੁਰਬਾਨ ਹੁੰਦਾ ਹਾਂ । ਤਉ—ਤੇਰੇ ।੧।ਰਹਾਉ।

ਸਫਲਿਓ—ਫਲਾਂ ਵਾਲਾ । ਰੁਖੜਾ—ਸੋਹਣਾ ਰੁੱਖ । ਜਾ ਕਾ—ਜਿਸ (ਰੁੱਖ) ਦਾ (ਫਲ) । ਅੰਮ੍ਰਿਤੁ—ਅਟੱਲ, ਆਤਮਕ ਜੀਵਨ ਦੇਣ ਵਾਲਾ (ਰਸ) । ਜਿਨ—ਜਿਨ੍ਹਾਂ ਨੇ {ਲਫ਼ਜ਼ 'ਜਿਨ' ਬਹੁ-ਵਚਨ ਹੈ । ਇਸ ਦਾ ਇਕ-ਵਚਨ 'ਜਿਨਿ' ਹੈ, ਅਰਥ ਹੈ 'ਜਿਸ ਨੇ'} । ਤ੍ਰਿਪਤ ਭਏ—ਰੱਜ ਗਏ ।੨।

ਮੈ ਕੀ—ਮੈਨੂੰ । ਆਵਹੀ—ਆਵਹਿ, ਤੂੰ ਆਉਂਦਾ । ਹਭਿ—ਸਾਰੇ । ਤਿਹਾਇਆ—ਪਿਆਸਾ । ਸਰ—ਤਾਲਾਬ, ਸਰੋਵਰ । ਪਾਲਿ—ਕੰਧ । ਕਿਉ ਲਹੈ—ਕਿਵੇਂ ਲੱਭੇ? ਨਹੀਂ ਲੱਭ ਸਕਦਾ ।੩।

ਬਾਣੀਆ—ਵਣਜਾਰਾ । ਮੈ ਰਾਸਿ—ਮੇਰੀ ਪੂੰਜੀ । ਧੋਖਾ—ਸਹਮ । ਲਹੈ—ਦੂਰ ਹੋਵੇ । ਕਰੀ—ਮੈਂ ਕਰਾਂ ।੪।

ਅਰਥ:- ਹੇ ਮੇਰੇ ਸਾਹਿਬ! ਮੈਂ ਤੇਰੇ ਨਾਮ ਤੋਂ ਸਦਕੇ ਜਾਂਦਾ ਹਾਂ, ਕੁਰਬਾਨ ਜਾਂਦਾ ਹਾਂ ।੧।ਰਹਾਉ।

(ਅਫ਼ੀਮੀ ਆਦਿਕ) ਅਮਲੀ ਨੂੰ ਜੇ (ਅਫ਼ੀਮ ਆਦਿਕ) ਅਮਲ (ਨਸ਼ਾ) ਨਾਹ ਮਿਲੇ (ਤਾਂ ਉਹ ਮਰਦਾ ਜਾਂਦਾ ਹੈ), ਜੇ ਮੱਛੀ ਨੂੰ ਪਾਣੀ ਨਾਹ ਮਿਲੇ (ਤਾਂ ਉਹ ਤੜਫ ਪੈਂਦੀ ਹੈ । ਇਸੇ ਤਰ੍ਹਾਂ, ਹੇ ਪ੍ਰਭੂ! ਤੇਰਾ ਨਾਮ ਜਿਨ੍ਹਾਂ ਦੀ ਜ਼ਿੰਦਗੀ ਦਾ ਸਹਾਰਾ ਬਣ ਗਿਆ ਹੈ ਉਹ ਤੇਰੀ ਯਾਦ ਤੋਂ ਬਿਨਾ ਰਹਿ ਨਹੀਂ ਸਕਦੇ, ਉਹਨਾਂ ਨੂੰ ਹੋਰ ਕੁਝ ਭੀ ਚੰਗਾ ਨਹੀਂ ਲੱਗਦਾ) । ਜੋ ਬੰਦੇ ਆਪਣੇ ਖਸਮ-ਪ੍ਰਭੂ ਦੇ ਪਿਆਰ ਵਿਚ ਰੰਗੇ

ਹੋਏ ਹਨ (ਉਹ ਅੰਦਰੋਂ ਖਿੜੇ ਰਹਿੰਦੇ ਹਨ) ਉਹਨਾਂ ਨੂੰ ਹਰ ਕੋਈ ਚੰਗਾ ਲਗਦਾ ਹੈ ।੧।

(ਸਾਡਾ) ਮਾਲਿਕ-ਪ੍ਰਭੂ ਫਲਾਂ ਵਾਲਾ ਇਕ ਸੋਹਣਾ ਰੁੱਖ (ਸਮਝ ਲਵੋ), ਇਸ ਰੁੱਖ ਦਾ ਫਲ ਹੈ ਉਸ ਦਾ ਨਾਮ ਜੋ (ਜੀਵ ਨੂੰ) ਅਟੱਲ ਆਤਮਕ ਜੀਵਨ ਦੇਣ ਵਾਲਾ (ਰਸ) ਹੈ । ਜਿਨ੍ਹਾਂ ਇਹ ਰਸ ਪੀਤਾ ਹੈ ਉਹ (ਮਾਇਕ ਪਦਾਰਥਾਂ ਦੀ ਭੁੱਖ ਤ੍ਰੇਹ ਵਲੋਂ) ਰੱਜ ਜਾਂਦੇ ਹਨ । ਮੈਂ ਉਹਨਾਂ ਤੋਂ ਕੁਰਬਾਨ ਜਾਂਦਾ ਹਾਂ ।੨।

(ਹੇ ਪ੍ਰਭੂ!) ਤੂੰ ਸਭ ਜੀਵਾਂ ਦੇ ਅੰਗ ਸੰਗ ਵੱਸਦਾ ਹੈਂ, ਪਰ ਤੂੰ ਮੈਨੂੰ ਨਹੀਂ ਦਿੱਸਦਾ । (ਜੀਵ ਦੀ ਇਹ ਕਿਤਨੀ ਅਭਾਗਤਾ ਹੈ ਕਿ ਉਸ ਦੇ ਆਪਣੇ ਅੰਦਰ ਹੀ ਪਾਣੀ ਦਾ ਸਰੋਵਰ ਹੋਵੇ ਤੇ ਉਹ ਪਿਆਸਾ ਤੜਫਦਾ ਫਿਰੇ! ਪਰ) ਤ੍ਰੇਹ ਨਾਲ ਤੜਪ ਰਹੇ ਨੂੰ (ਪਾਣੀ) ਲੱਭੇ ਭੀ ਕਿਵੇਂ, ਜਦੋਂ ਉਸ ਦੇ ਅਤੇ (ਉਸ ਦੇ ਅੰਦਰਲੇ) ਸਰੋਵਰ ਦੇ ਵਿਚਕਾਰ ਕੰਧ ਬਣੀ ਹੋਵੇ? (ਮਾਇਆ ਦੇ ਮੋਹ ਦੀ ਬਣੀ ਕੋਈ ਕੰਧ ਅੰਮ੍ਰਿਤ-ਸਰੋਵਰ ਵਿਚੋਂ ਨਾਮ-ਜਲ ਤਕ ਪਹੁੰਚਣ ਨਹੀਂ ਦੇਂਦੀ) ।੩।

(ਹੇ ਪ੍ਰਭੂ! ਮੇਹਰ ਕਰ, ਤੇਰਾ ਦਾਸ) ਨਾਨਕ ਤੇਰੇ ਨਾਮ ਦਾ ਵਣਜਾਰਾ ਬਣ ਜਾਏ, ਤੂੰ ਮੇਰਾ ਸ਼ਾਹ ਹੋਵੇਂ ਤੇਰਾ ਨਾਮ ਮੇਰੀ ਪੂੰਜੀ ਬਣੇ । ਮੇਰੇ ਮਨ ਤੋਂ ਦੁਨੀਆ ਵਾਲਾ ਸਹਮ ਤਦੋਂ ਹੀ ਦੂਰ ਹੋ ਸਕਦਾ ਹੈ ਜੇ ਮੈਂ ਸਦਾ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਰਹਾਂ, ਜੇ ਉਸ ਦੇ ਦਰ ਤੇ ਅਰਦਾਸ-ਅਰਜ਼ੋਈ ਕਰਦਾ ਰਹਾਂ ।੪।੧।

ਵਡਹੰਸੁ ਮਹਲਾ ੧ ॥ ਗੁਣਵੰਤੀ ਸਹੁ ਰਾਵਿਆ ਨਿਰਗੁਣਿ ਕੂਕੇ ਕਾਇ ॥ ਜੇ ਗੁਣਵੰਤੀ ਥੀ ਰਹੈ ਤਾ ਭੀ ਸਹੁ ਰਾਵਣ ਜਾਇ ॥੧॥ ਮੇਰਾ ਕੰਤੁ ਰੀਸਾਲੂ ਕੀ ਧਨ ਅਵਰਾ ਰਾਵੇ ਜੀ ॥੧॥ ਰਹਾਉ ॥ ਕਰਣੀ ਕਾਮਣ ਜੇ ਥੀਐ ਜੇ ਮਨੁ ਧਾਗਾ ਹੋਇ ॥ ਮਾਣਕੁ ਮੁਲਿ ਨ ਪਾਈਐ ਲੀਜੈ ਚਿਤਿ ਪਰੋਇ ॥੨॥ ਰਾਹੁ ਦਸਾਈ ਨ ਜੁਲਾਂ ਆਖਾਂ ਅੰਮੜੀਆਸੁ ॥ ਤੈ ਸਹ ਨਾਲਿ ਅਕੂਅਣਾ ਕਿਉ ਥੀਵੈ ਘਰ ਵਾਸੁ ॥੩॥ ਨਾਨਕ ਏਕੀ ਬਾਹਰਾ ਦੂਜਾ ਨਾਹੀ ਕੋਇ ॥ ਤੈ ਸਹ ਲਗੀ ਜੇ ਰਹੈ ਭੀ ਸਹੁ ਰਾਵੈ ਸੋਇ ॥੪॥੨॥ {ਪੰਨਾ 557}

ਪਦਅਰਥ:- ਨਿਰਗੁਣਿ—ਗੁਣ-ਹੀਨ ਇਸਤ੍ਰੀ । ਕਾਇ ਕੂਕੇ—ਕਾਹਦੇ ਵਾਸਤੇ ਕੂਕਦੀ ਹੈ, ਕਿਉਂ ਤਰਲੇ ਲੈਂਦੀ ਹੈ? ਤਰਲੇ ਵਿਅਰਥ ਹਨ । ਥੀ ਰਹੈ—ਬਣੀ ਰਹੇ, ਹੋ ਜਾਏ ।੧।

ਰੀਸਾਲੂ—ਰਸੀਲਾ, ਰਸ-ਆਲਯ, ਰਸਾਂ ਦਾ ਘਰ, ਅਨੰਦ-ਸੁਖ ਦਾ ਸੋਮਾ । ਅਵਰਾ—ਹੋਰਨਾਂ ਨੂੰ । ਰਾਵੇ—ਮਾਣੇ, ਮਿਲੇ । ਜੀ—ਹੇ ਜੀ! ਹੇ ਭੈਣ! ।੧।ਰਹਾਉ।

ਕਰਣੀ—ਉੱਚਾ ਆਚਰਨ । ਕਾਮਣ—ਟੂਣੇ {ਨੋਟ:- ਵਿਆਹ ਦੇ ਮੌਕੇ ਤੇ ਜਦੋਂ ਜੰਞ ਢੁਕਦੀ ਹੈ ਤਾਂ ਕੁੜੀਆਂ ਗੀਤ ਗਾਂਦੀਆਂ ਹਨ, ਖ਼ਿਆਲ ਇਹ ਬਣਿਆ ਹੁੰਦਾ ਹੈ ਕਿ ਇਹਨਾਂ ਗੀਤਾਂ ਨਾਲ ਇਹ ਨਵਾਂ ਲਾੜਾ ਵਿਆਹੀ ਜਾਣ ਵਾਲੀ ਕੁੜੀ ਦੇ ਕਹੇ ਵਿਚ ਤੁਰਿਆ ਕਰੇਗਾ । ਕਾਮਣ ਪਾਣੇ, ਪੰਜਾਬੀ ਮੁਹਾਵਰਾ ਹੈ}, ਪਤੀ ਨੂੰ ਵੱਸ ਕਰਨ ਵਾਲੇ ਗੀਤ । ਮਾਣਕੁ—ਮੋਤੀ (ਪ੍ਰਭੂ ਦਾ ਨਾਮ) । ਮੁਲਿ—ਕਿਸੇ ਮੁੱਲ ਨਾਲ । ਚਿਤਿ—ਚਿੱਤ ਵਿਚ ।੨।

ਦਸਾਈ—ਮੈਂ ਪੁੱਛਾਂ, ਮੈਂ ਪੁੱਛਦੀ ਰਹਾਂ । ਨ ਜੁਲਾਂ—(ਪਰ ਉਸ ਰਸਤੇ ਉਤੇ) ਮੈਂ ਤੁਰਾਂ ਨਾਹ । ਅੰਮੜੀਆਸੁ—ਮੈਂ ਅੱਪੜ ਗਈ ਹਾਂ । ਸਹ ਨਾਲਿ—ਖਸਮ ਨਾਲ । ਅਕੂਅਣਾ—ਕੂਣ ਦੀ ਅਣਹੋਂਦ ।੩।

ਤੈ ਲਗੀ—ਤੇਰੇ ਵਿਚ ਜੁੜੀ ਹੋਈ । ਸਹ—ਹੇ ਖਸਮ! {ਨੋਟ:- ਇਸ ਸ਼ਬਦ ਵਿਚ ਲਫ਼ਜ਼ 'ਸਹੁ' ਅਤੇ 'ਸਹ' ਆਏ ਹਨ । ਲਫ਼ਜ਼ 'ਸਹੁ' ਕਰਤਾ ਅਤੇ ਕਰਮ ਕਾਰਕ ਇਕ-ਵਚਨ ਹੈ । ਕਿਸੇ ਸੰਬੰਧਕ ਨਾਲ ਵਰਤਿਆਂ ੁ ਨਹੀਂ ਰਹਿੰਦਾ; ਜਿਵੇਂ "ਸਹ ਨਾਲਿ" । ਸੰਬੋਧਨ ਵਿਚ ਭੀ ਇਹੀ ਸ਼ਕਲ ਹੈ; ਜਿਵੇਂ 'ਸਹ'—ਹੇ ਖਸਮ!} ।੪।

ਅਰਥ:- ਹੇ ਭੈਣ! (ਜਿਸ ਜੀਵ-ਇਸਤ੍ਰੀ ਨੂੰ ਇਹ ਯਕੀਨ ਬਣ ਜਾਏ ਕਿ) ਮੇਰਾ ਖਸਮ-ਪ੍ਰਭੂ ਸਾਰੇ ਸੁਖਾਂ ਦਾ ਸੋਮਾ ਹੈ, ਉਹ (ਖਸਮ-ਪ੍ਰਭੂ ਨੂੰ ਛੱਡ ਕੇ) ਹੋਰਨਾਂ ਨੂੰ (ਸੁਖਾਂ ਦਾ ਵਸੀਲਾ ਸਮਝ ਕੇ) ਪ੍ਰਸੰਨ ਕਰਨ ਨਹੀਂ ਤੁਰੀ ਫਿਰਦੀ ।੧।ਰਹਾਉ।

ਜਿਸ ਜੀਵ-ਇਸਤ੍ਰੀ ਦੇ ਪੱਲੇ ਇਹ ਗੁਣ ਹੈ (ਜਿਸ ਜੀਵ-ਇਸਤ੍ਰੀ ਨੂੰ ਯਕੀਨ ਹੈ ਕਿ ਪ੍ਰਭੂ ਹੀ ਸੁਖਾਂ ਦਾ ਸੋਮਾ ਹੈ, ਉਹ) ਪ੍ਰਭੂ-ਪਤੀ (ਦਾ ਪੱਲਾ ਫੜ ਕੇ ਉਸ) ਨੂੰ ਪ੍ਰਸੰਨ ਕਰ ਲੈਂਦੀ ਹੈ (ਤੇ ਆਤਮਕ ਸੁਖ ਮਾਣਦੀ ਹੈ) ਪਰ ਜਿਸ ਦੇ ਪੱਲੇ ਇਹ ਗੁਣ ਨਹੀਂ ਹੈ (ਤੇ ਜੋ ਥਾਂ ਥਾਂ ਭਟਕਦੀ ਫਿਰਦੀ ਹੈ) ਉਹ (ਆਤਮਕ ਸੁਖ ਵਾਸਤੇ) ਵਿਅਰਥ ਹੀ ਤਰਲੇ ਲੈਂਦੀ ਹੈ । ਹਾਂ, ਜੇ ਉਸ ਦੇ ਅੰਦਰ ਭੀ ਇਹ ਗੁਣ ਆ ਜਾਏ, ਤਾਂ ਖਸਮ-ਪ੍ਰਭੂ ਨੂੰ ਪ੍ਰਸੰਨ ਕਰਨ ਦਾ ਸਫਲ ਉੱਦਮ ਕਰ ਸਕਦੀ ਹੈ ।੧।

ਜੇ ਜੀਵ-ਇਸਤ੍ਰੀ ਦਾ ਉੱਚਾ ਆਚਰਨ ਕਾਮਣ ਪਾਣ ਦਾ ਕੰਮ ਦੇਵੇ, ਜੇ ਉਸ ਦਾ ਮਨ ਧਾਗਾ ਬਣੇ ਤਾਂ ਇਸ ਮਨ ਧਾਗੇ ਦੀ ਰਾਹੀਂ ਉਸ ਨਾਮ-ਮੋਤੀ ਨੂੰ ਆਪਣੇ ਚਿੱਤ ਵਿਚ ਪ੍ਰੋ ਲਏ (ਧਨ ਪਦਾਰਥ ਆਦਿਕ ਕਿਸੇ) ਮੁੱਲ ਨਾਲ ਨਹੀਂ ਮਿਲ ਸਕਦਾ ।੨।

(ਪਰ ਨਿਰੀਆਂ ਗੱਲਾਂ ਨਾਲ, ਹੇ ਸੁਖ-ਸਾਗਰ! ਤੇਰੇ ਚਰਨਾਂ ਵਿਚ ਨਹੀਂ ਪਹੁੰਚ ਜਾਈਦਾ) ਹੇ ਪਤੀ-ਪ੍ਰਭੂ! ਜੇ ਮੈਂ (ਤੇਰੇ ਦੇਸ ਦਾ) ਸਦਾ ਰਾਹ ਹੀ ਪੁੱਛਦੀ ਰਹਾਂ, ਪਰ ਉਸ ਰਸਤੇ ਉਤੇ ਤੁਰਾਂ ਕਦੇ ਭੀ ਨਾਹ, ਮੂੰਹ ਨਾਲ ਭੀ ਆਖੀ ਜਾਵਾਂ ਕਿ ਮੈਂ (ਤੇਰੇ ਦੇਸ ਤਕ) ਅੱਪੜ ਗਈ ਹਾਂ, ਉਂਵ ਕਦੇ ਤੇਰੇ ਨਾਲ ਬੋਲ ਚਾਲ ਨਾਹ ਬਣਾਇਆ ਹੋਵੇ (ਕਦੇ ਤੇਰੇ ਦਰ ਤੇ ਅਰਦਾਸ ਭੀ ਨਾਹ ਕੀਤੀ ਹੋਵੇ), ਇਸ ਤਰ੍ਹਾਂ ਤੇਰੇ ਚਰਨਾਂ ਵਿਚ ਟਿਕਾਣਾ ਨਹੀਂ ਮਿਲ ਸਕਦਾ ।੩।

ਹੇ ਨਾਨਕ! (ਇਹ ਯਕੀਨ ਜਾਣ ਕਿ) ਇਕ ਪਰਮਾਤਮਾ ਤੋਂ ਬਿਨਾ ਹੋਰ ਕੋਈ ਭੀ ਸੁਖ-ਦਾਤਾ ਨਹੀਂ, (ਤਾਂ ਤੇ ਉਸ ਦੇ ਦਰ ਤੇ ਅਰਦਾਸ ਕਰ ਤੇ ਆਖ—) ਹੇ ਪ੍ਰਭੂ-ਪਤੀ! ਜੇਹੜੀ ਜੀਵ-ਇਸਤ੍ਰੀ ਤੇਰੇ ਚਰਨਾਂ ਵਿਚ ਜੁੜੀ ਰਹਿੰਦੀ ਹੈ ਉਹ ਤੈਨੂੰ ਪ੍ਰਸੰਨ ਕਰ ਲੈਂਦੀ ਹੈ (ਤੇ ਆਤਮਕ ਸੁਖ ਮਾਣਦੀ ਹੈ) ।੪।੨।

ਵਡਹੰਸੁ ਮਹਲਾ ੧ ਘਰੁ ੨ ॥ ਮੋਰੀ ਰੁਣ ਝੁਣ ਲਾਇਆ ਭੈਣੇ ਸਾਵਣੁ ਆਇਆ ॥ ਤੇਰੇ ਮੁੰਧ ਕਟਾਰੇ ਜੇਵਡਾ ਤਿਨਿ ਲੋਭੀ ਲੋਭ ਲੁਭਾਇਆ ॥ ਤੇਰੇ ਦਰਸਨ ਵਿਟਹੁ ਖੰਨੀਐ ਵੰਞਾ ਤੇਰੇ ਨਾਮ ਵਿਟਹੁ ਕੁਰਬਾਣੋ ॥ ਜਾ ਤੂ ਤਾ ਮੈ ਮਾਣੁ ਕੀਆ ਹੈ ਤੁਧੁ ਬਿਨੁ ਕੇਹਾ ਮੇਰਾ ਮਾਣੋ ॥ ਚੂੜਾ ਭੰਨੁ ਪਲੰਘ ਸਿਉ ਮੁੰਧੇ ਸਣੁ ਬਾਹੀ ਸਣੁ ਬਾਹਾ ॥ ਏਤੇ ਵੇਸ ਕਰੇਦੀਏ ਮੁੰਧੇ ਸਹੁ ਰਾਤੋ ਅਵਰਾਹਾ ॥ ਨਾ ਮਨੀਆਰੁ ਨ ਚੂੜੀਆ ਨਾ ਸੇ ਵੰਗੁੜੀਆਹਾ ॥ ਜੋ ਸਹ ਕੰਠਿ ਨ ਲਗੀਆ ਜਲਨੁ ਸਿ ਬਾਹੜੀਆਹਾ ॥ ਸਭਿ ਸਹੀਆ ਸਹੁ ਰਾਵਣਿ ਗਈਆ ਹਉ ਦਾਧੀ ਕੈ ਦਰਿ ਜਾਵਾ ॥ ਅੰਮਾਲੀ ਹਉ ਖਰੀ ਸੁਚਜੀ ਤੈ ਸਹ ਏਕਿ ਨ ਭਾਵਾ ॥ ਮਾਠਿ ਗੁੰਦਾਈਂ ਪਟੀਆ

ਭਰੀਐ ਮਾਗ ਸੰਧੂਰੇ ॥ ਅਗੈ ਗਈ ਨ ਮੰਨੀਆ ਮਰਉ ਵਿਸੂਰਿ ਵਿਸੂਰੇ ॥ ਮੈ ਰੋਵੰਦੀ ਸਭੁ ਜਗੁ ਰੁਨਾ ਰੁੰਨੜੇ ਵਣਹੁ ਪੰਖੇਰੂ ॥ ਇਕੁ ਨ ਰੁਨਾ ਮੇਰੇ ਤਨ ਕਾ ਬਿਰਹਾ ਜਿਨਿ ਹਉ ਪਿਰਹੁ ਵਿਛੋੜੀ ॥ ਸੁਪਨੈ ਆਇਆ ਭੀ ਗਇਆ ਮੈ ਜਲੁ ਭਰਿਆ ਰੋਇ ॥ ਆਇ ਨ ਸਕਾ ਤੁਝ ਕਨਿ ਪਿਆਰੇ ਭੇਜਿ ਨ ਸਕਾ ਕੋਇ ॥ ਆਉ ਸਭਾਗੀ ਨੀਦੜੀਏ ਮਤੁ ਸਹੁ ਦੇਖਾ ਸੋਇ ॥ ਤੈ ਸਾਹਿਬ ਕੀ ਬਾਤ ਜਿ ਆਖੈ ਕਹੁ ਨਾਨਕ ਕਿਆ ਦੀਜੈ ॥ ਸੀਸੁ ਵਢੇ ਕਰਿ ਬੈਸਣੁ ਦੀਜੈ ਵਿਣੁ ਸਿਰ ਸੇਵ ਕਰੀਜੈ ॥ ਕਿਉ ਨ ਮਰੀਜੈ ਜੀਅੜਾ ਨ ਦੀਜੈ ਜਾ ਸਹੁ ਭਇਆ ਵਿਡਾਣਾ ॥੧॥੩॥ {ਪੰਨਾ 557-558}

ਪਦਅਰਥ:- ਮੋਰੀ—ਮੋਰਾਂ ਨੇ । ਰੁਣਝੁਣ—ਮਿੱਠਾ ਗੀਤ । ਲਾਇਆ—ਸ਼ੁਰੂ ਕੀਤਾ । ਤੇਰੇ—(ਹੇ ਪ੍ਰਭੂ!) ਤੇਰੇ ਇਹ ਕੁਦਰਤੀ ਦ੍ਰਿਸ਼ । ਮੁੰਧ—ਇਸਤ੍ਰੀ । ਕਟਾਰੇ—ਕਟਾਰ । ਜੇਵਡਾ—ਜੇਵੜਾ, ਫਾਹੀ । ਤਿਨਿ—(ਕੁਦਰਤਿ ਦੇ) ਇਸ (ਸੁਹਾਵਣੇ ਸਰੂਪ) ਨੇ । ਲੁਭਾਇਆ—ਮੋਹ ਲਿਆ ਹੈ । ਦਰਸਨ ਵਿਟਹੁ—ਇਸ ਸੋਹਣੇ ਸਰੂਪ ਤੋਂ ਜੋ ਹੁਣ ਦਿੱਸ ਰਿਹਾ ਹੈ । ਘੰਨੀਐ ਵੰਞਾ—ਮੈਂ ਟੋਟੇ ਟੋਟੇ ਹੁੰਦਾ ਹਾਂ । ਜਾ ਤੂ—ਚੂੰਕਿ ਤੂੰ (ਇਸ ਕੁਦਰਤਿ ਵਿਚ ਮੈਨੂੰ ਦਿੱਸ ਰਿਹਾ ਹੈਂ) । ਮੈਂ ਮਾਣੁ ਕੀਆ ਹੈ—ਮੈਂ ਇਹ ਆਖਣ ਦਾ ਹੌਸਲਾ ਕੀਤਾ ਹੈ ਕਿ ਤੇਰੀ ਇਹ ਕੁਦਰਤਿ ਸੁਹਾਵਣੀ ਹੈ) ।

ਅਰਥ:- ਹੇ ਭੈਣ! ਸਾਵਨ (ਦਾ ਮਹੀਨਾ) ਆ ਗਿਆ ਹੈ (ਸਾਵਨ ਦੀਆਂ ਕਾਲੀਆਂ ਘਟਾਂ ਵੇਖ ਕੇ ਸੋਹਣੇ) ਮੋਰਾਂ ਨੇ ਮਿੱਠੇ ਗੀਤ ਸ਼ੁਰੂ ਕਰ ਦਿੱਤੇ ਹਨ (ਤੇ ਪੈਲਾਂ ਪਾਣੀਆਂ ਸ਼ੁਰੂ ਕਰ ਦਿੱਤੀਆਂ ਹਨ) । (ਹੇ ਪ੍ਰਭੂ!) ਤੇਰੀ ਇਹ ਸੋਹਣੀ ਕੁਦਰਤਿ ਮੈਂ ਜੀਵ-ਇਸਤ੍ਰੀ ਵਾਸਤੇ, ਮਾਨੋ, ਕਟਾਰ ਹੈ (ਜੋ ਮੇਰੇ ਅੰਦਰ ਬਿਰਹੋਂ ਦੀ ਚੋਟ ਲਾ ਰਹੀ ਹੈ) ਫਾਹੀ ਹੈ, ਇਸ ਨੇ ਮੈਨੂੰ ਤੇਰੇ ਦੀਦਾਰ ਦੀ ਪ੍ਰੇਮਣ ਨੂੰ ਮੋਹ ਲਿਆ ਹੈ (ਤੇ ਮੈਨੂੰ ਤੇਰੇ ਚਰਨਾਂ ਵਿਚ ਖਿੱਚੀ ਜਾ ਰਹੀ ਹੈ) । (ਹੇ ਪ੍ਰਭੂ!) ਤੇਰੇ ਇਸ ਸੋਹਣੇ ਸਰੂਪ ਤੋਂ ਜੋ ਹੁਣ ਦਿੱਸ ਰਿਹਾ ਹੈ ਮੈਂ ਸਦਕੇ ਹਾਂ ਸਦਕੇ ਹਾਂ (ਤੇਰਾ ਇਹ ਸਰੂਪ ਮੈਨੂੰ ਤੇਰਾ ਨਾਮ ਚੇਤੇ ਕਰਾ ਰਿਹਾ ਹੈ, ਤੇ) ਮੈਂ ਤੇਰੇ ਨਾਮ ਤੋਂ ਕੁਰਬਾਨ ਹਾਂ । (ਹੇ ਪ੍ਰਭੂ!) ਚੂੰਕਿ ਤੂੰ (ਇਸ ਕੁਦਰਤਿ ਵਿਚ ਮੈਨੂੰ ਦਿੱਸ ਰਿਹਾ ਹੈਂ) ਮੈਂ ਇਹ ਆਖਣ ਦਾ ਹੌਸਲਾ ਕੀਤਾ ਹੈ (ਕਿ ਤੇਰੀ ਇਹ ਕੁਦਰਤਿ ਸੁਹਾਵਣੀ ਹੈ) । ਜੇ ਕੁਦਰਤਿ ਵਿਚ ਤੂੰ ਨ ਦਿੱਸੇਂ ਤਾਂ ਇਹ ਆਖਣ ਵਿਚ ਕੀਹ ਸਵਾਦ ਰਹਿ ਜਾਏ ਕਿ ਕੁਦਰਤਿ ਸੋਹਣੀ ਹੈ?

ਪਦਅਰਥ:- ਭੰਨੁ—ਤੋੜ ਦੇ । ਸਿਉ—ਨਾਲ । ਮੁੰਧੇ—ਹੇ ਇਸਤ੍ਰੀਏ! ਸਣੁ—ਸਮੇਤ । ਬਾਹੀ—ਪਲੰਘ ਦੀਆਂ ਹੀਆਂ । ਏਤੇ—ਇਤਨੇ, ਇਹ ਕਈ । ਵੇਸ—ਸਿੰਗਾਰ । ਕਰੇਦੀਏ—ਕਰਨ ਵਾਲੀਏ! ਰਾਤੋ—ਰੱਤਾ ਹੋਇਆ ਹੈ, ਪਿਆਰ ਕਰ ਰਿਹਾ ਹੈ । ਅਵਰਾਹਾ—ਹੋਰਨਾਂ ਨਾਲ । ਮਨੀਆਰੁ—ਚੂੜੀਆਂ ਚਾੜਨ ਵਾਲਾ । ਨਾ ਸੇ ਵੰਗੁੜੀਆਹਾ—ਨਾਹ ਹੀ ਉਹ ਵੰਗਾਂ ਸੋਹਣੀਆਂ ਜਾਣੋ । ਸਹ ਕੰਠਿ—ਖਸਮ ਦੇ ਗਲ ਨਾਲ । ਜਲਨੁ—ਸੜ ਜਾਣ {ਵਿਆਕਰਨ ਅਨੁਸਾਰ ਲਫ਼ਜ਼ 'ਜਲਨੁ' ਹੁਕਮੀ ਭਵਿੱਖਤ, ਅੱਨ ਪੁਰਖ, ਬਹੁ-ਵਚਨ ਹੈ । ਇਸ ਦਾ ਇਕ-ਵਚਨ ਹੈ 'ਜਲਉ' ਜਿਵੇਂ "ਕਲਮ ਜਲਉ ਸਣੁ ਮਸਵਾਣੀਐ"} । ਸਭਿ—ਸਾਰੀਆਂ । ਰਾਵਣਿ—ਪ੍ਰਸੰਨ ਕਰਨ । ਹਉ—ਮੈਂ । ਦਾਧੀ—ਤੱਤੀ, (ਵਿਕਾਰਾਂ ਵਿਚ) ਸੜੀ ਹੋਈ । ਕੈ ਦਰਿ—ਕਿਸ ਦੇ ਦਰ ਤੇ? ਅੰਮਾਲੀ—{Am AwlI} ਹੇ ਸਖੀ! ਖਰੀ—ਬਹੁਤ । ਸੁਚਜੀ—ਚੰਗੇ ਚੱਜ ਵਾਲੀ, ਚੰਗੀ ਕਰਤੂਤ ਵਾਲੀ । ਏਕਿ—ਇੱਕ ਦੇ ਕਾਰਨ, ਇੱਕ ਭੀ ਗੁਣ ਦੇ ਕਾਰਨ । ਮਾਠਿ—ਸਵਾਰ ਕੇ । ਗੁੰਦਾਈਂ—ਮੈਂ ਗੁੰਦਾਂਦੀ ਹਾਂ । ਮਾਗ—ਪੱਟੀਆਂ ਵਿਚਲਾ

ਚੀਰ । ਨ ਮੰਨੀਆ—ਮੈਨੂੰ ਆਦਰ ਨਹੀਂ ਮਿਲਦਾ । ਮਰਉ—ਮੈਂ ਮਰਦੀ ਹਾਂ । ਵਿਸੂਰਿ ਵਿਸੂਰੇ—ਵਿਸੂਰਿ, ਵਿਸੂਰਿ ਝੁਰ ਝੁਰ ਕੇ, ਧੁਖ ਧੁਖ ਕੇ ।

ਅਰਥ:- ਹੇ ਭੋਲੀ ਇਸਤ੍ਰੀਏ! (ਤੂੰ ਪਤੀ ਨੂੰ ਮਿਲਣ ਲਈ ਆਪਣੀਆਂ ਬਾਹਾਂ ਵਿਚ ਚੂੜਾ ਪਾਇਆ, ਤੇ ਹੋਰ ਭੀ ਕਈ ਸਿੰਗਾਰ ਕੀਤੇ, ਪਰ) ਹੇ ਇਤਨੇ ਸਿੰਗਾਰ ਕਰਦੀਏ ਨਾਰੇ! ਜੇ ਤੇਰਾ ਪਤੀ (ਫਿਰ ਭੀ) ਹੋਰਨਾਂ ਨਾਲ ਹੀ ਪਿਆਰ ਕਰਦਾ ਰਿਹਾ (ਤਾਂ ਇਹਨਾਂ ਸਿੰਗਾਰਾਂ ਦਾ ਕੀਹ ਲਾਭ?, ਫਿਰ) ਪਲੰਘ ਨਾਲ ਮਾਰ ਕੇ ਆਪਣਾ ਚੂੜਾ ਭੰਨ ਦੇ, ਪਲੰਘ ਦੀਆਂ ਹੀਆਂ ਭੀ ਭੰਨ ਦੇ ਤੇ ਆਪਣੀਆਂ ਸਜਾਈਆਂ ਬਾਹਾਂ ਭੀ ਭੰਨ ਦੇ ਕਿਉਂਕਿ ਨਾਹ ਇਹਨਾਂ ਬਾਹਾਂ ਨੂੰ ਸਜਾਣ ਵਾਲਾ ਮਨਿਆਰ ਹੀ ਤੇਰਾ ਕੁਝ ਸਵਾਰ ਸਕਿਆ, ਨਾਹ ਹੀ ਉਸ ਦੀਆਂ ਦਿੱਤੀਆਂ ਚੂੜੀਆਂ ਤੇ ਵੰਗਾਂ ਕਿਸੇ ਕੰਮ ਆਈਆਂ । ਸੜ ਜਾਣ ਉਹ (ਸਜਾਈਆਂ) ਬਾਹਾਂ ਜੋ ਖਸਮ ਦੇ ਗਲ ਨਾਹ ਲੱਗ ਸਕੀਆਂ । (ਭਾਵ, ਜੇ ਜੀਵ-ਇਸਤ੍ਰੀ ਸਾਰੀ ਉਮਰ ਧਾਰਮਿਕ ਭੇਖ ਕਰਨ ਵਿਚ ਹੀ ਗੁਜ਼ਾਰ ਦੇਵੇ, ਇਸ ਨੂੰ ਧਰਮ-ਉਪਦੇਸ਼ ਦੇਣ ਵਾਲਾ ਭੀ ਜੇ ਬਾਹਰਲੇ ਭੇਖ ਵਲ ਹੀ ਪ੍ਰੇਰਦਾ ਰਹੇ, ਤਾਂ ਇਹ ਸਾਰੇ ਉੱਦਮ ਵਿਅਰਥ ਚਲੇ ਗਏ, ਕਿਉਂਕਿ ਧਾਰਮਿਕ ਭੇਖਾਂ ਨਾਲ ਪਰਮਾਤਮਾ ਨੂੰ ਪ੍ਰਸੰਨ ਨਹੀਂ ਕਰ ਸਕੀਦਾ । ਉਸ ਦੇ ਨਾਲ ਤਾਂ ਸਿਰਫ਼ ਆਤਮਕ ਮਿਲਾਪ ਹੀ ਹੋ ਸਕਦਾ ਹੈ) ।

(ਪ੍ਰਭੂ-ਚਰਨਾਂ ਵਿਚ ਜੁੜਨ ਵਾਲੀਆਂ) ਸਾਰੀਆਂ ਸਹੇਲੀਆਂ (ਤਾਂ) ਪ੍ਰਭੂ-ਪਤੀ ਨੂੰ ਪ੍ਰਸੰਨ ਕਰਨ ਦੇ ਜਤਨ ਕਰ ਰਹੀਆਂ ਹਨ (ਪਰ ਮੈਂ ਜੇਹੜੀ ਨਿਰੇ ਵਿਖਾਵੇ ਦੇ ਹੀ ਧਰਮ-ਭੇਖ ਕਰਦੀ ਰਹੀ) ਮੈਂ ਸੜੇ ਕਰਮਾਂ ਵਾਲੀ ਕਿਸ ਦੇ ਦਰ ਤੇ ਜਾਵਾਂ? ਹੇ ਸਖੀ! ਮੈਂ (ਇਹਨਾਂ ਧਰਮ-ਭੇਖਾਂ ਤੇ ਹੀ ਟੇਕ ਰੱਖ ਕੇ) ਆਪਣੇ ਵਲੋਂ ਤਾਂ ਬੜੀ ਚੰਗੀ ਕਰਤੂਤ ਵਾਲੀ ਬਣੀ ਬੈਠੀ ਹਾਂ । ਪਰ, ਪ੍ਰਭੂ ਪਤੀ! ਕਿਸੇ ਇੱਕ ਭੀ ਗੁਣ ਕਰ ਕੇ ਮੈਂ ਤੈਨੂੰ ਪਸੰਦ ਨਹੀਂ ਆ ਰਹੀ । ਮੈਂ ਸਵਾਰ ਸਵਾਰ ਕੇ ਪੱਟੀਆਂ ਗੁੰਦਾਂਦੀ ਹਾਂ, ਮੇਰੀਆਂ ਪੱਟੀਆਂ ਦੇ ਚੀਰ ਵਿਚ ਸੰਧੂਰ ਭੀ ਭਰਿਆ ਜਾਂਦਾ ਹੈ, ਪਰ ਤੇਰੀ ਹਜ਼ੂਰੀ ਵਿਚ ਮੈਂ ਫਿਰ ਭੀ ਪ੍ਰਵਾਨ ਨਹੀਂ ਹੋ ਰਹੀ, (ਇਸ ਵਾਸਤੇ) ਝੂਰ ਝੂਰ ਕੇ ਮਰ ਰਹੀ ਹਾਂ ।

ਪਦਅਰਥ:- ਰੁੰਨਾ—ਰੋ ਪਿਆ ਹੈ, ਤਰਸ ਕਰ ਰਿਹਾ ਹੈ । ਵਣਹੁ—ਜੰਗਲ ਵਿਚੋਂ । ਪੰਖੇਰੂ—ਪੰਛੀ । ਇਕੁ—ਸਿਰਫ਼ । ਮੇਰੇ ਤਨ ਕਾ ਬਿਰਹਾ—ਮੇਰੇ ਅੰਦਰਲਾ ਤੇਰੇ ਚਰਨਾਂ ਤੋਂ ਵਿਛੋੜਾ । ਜਿਨਿ—ਜਿਸ (ਵਿਛੋੜੇ) ਨੇ । ਪਿਰਹੁ—ਪਤੀ (-ਪ੍ਰਭੂ) ਤੋਂ । ਸੁਪਨੈ—ਸੁਪਨੇ ਵਿਚ । ਭੀ—ਮੁੜ । ਜਲੁ ਭਰਿਆ ਰੋਇ—ਹੰਝੂ ਭਰ ਕੇ ਰੋਈ । ਤੁਝ ਕਨਿ—ਤੇਰੇ ਪਾਸ । ਕੋਇ—ਕਿਸੇ ਨੂੰ । ਮਤੁ ਦੇਖਾ—ਸ਼ਾਇਦ ਮੈਂ ਵੇਖ ਲਵਾਂ । ਜਿ—ਜੇਹੜਾ ਮਨੁੱਖ । ਦੀਜੈ—ਦੇਣਾ ਚਾਹੀਦਾ ਹੈ । ਵਢੇ ਕਰਿ—ਵੱਢ ਕੇ । ਬੈਸਣੁ—ਬੈਠਣ ਲਈ ਥਾਂ । ਕਿਉ ਨ ਮਰੀਜੈ—ਆਪਾ-ਭਾਵ ਕਿਉਂ ਨ ਮਾਰੀਏ? ਕਿਉ ਜੀਅੜਾ ਨ ਦੀਜੈ—ਜਿੰਦ ਕਿਉਂ ਨ ਸਦਕੇ ਕਰੀਏ? ਵਿਡਾਣਾ—ਓਪਰਾ, ਬਿਗਾਨਾ ।੧।

ਅਰਥ:- (ਪ੍ਰਭੂ-ਪਤੀ ਤੋਂ ਵਿਛੁੜ ਕੇ) ਮੈਂ ਇਤਨੀ ਦੁਖੀ ਹੋ ਰਹੀ ਹਾਂ (ਕਿ) ਸਾਰਾ ਜਗਤ ਮੇਰੇ ਉਤੇ ਤਰਸ ਕਰ ਰਿਹਾ ਹੈ, ਜੰਗਲ ਦੇ ਪੰਛੀ ਭੀ (ਮੇਰੀ ਦੁਖੀ ਹਾਲਤ ਤੇ) ਤਰਸ ਕਰ ਰਹੇ ਹਨ । ਸਿਰਫ਼ ਇਹ ਮੇਰੇ ਅੰਦਰਲਾ ਵਿਛੋੜਾ ਹੀ ਹੈ ਜੋ ਤਰਸ ਨਹੀਂ ਕਰਦਾ (ਜੋ ਮੇਰੀ ਖ਼ਲਾਸੀ ਨਹੀਂ ਕਰਦਾ), ਇਸੇ ਨੇ ਮੈਨੂੰ ਪ੍ਰਭੂ-ਪਤੀ ਤੋਂ ਵਿਛੋੜਿਆ ਹੋਇਆ ਹੈ ।

(ਹੇ ਪਤੀ!) ਮੈਨੂੰ ਤੂੰ ਸੁਪਨੇ ਵਿਚ ਮਿਲਿਆ (ਸੁਪਨਾ ਮੁੱਕਿਆ, ਤੇ ਤੂੰ) ਫਿਰ ਚਲਾ ਗਿਆ, (ਵਿਛੋੜੇ ਦੇ ਦੁੱਖ ਵਿਚ) ਮੈਂ ਹੰਝੂ ਭਰ ਕੇ ਰੋਈ । ਹੇ ਪਿਆਰੇ! ਮੈਂ (ਨਿਮਾਣੀ) ਤੇਰੇ ਪਾਸ ਅੱਪੜ ਨਹੀਂ ਸਕਦੀ, ਮੈਂ

(ਗ਼ਰੀਬ) ਕਿਸੇ ਨੂੰ ਤੇਰੇ ਪਾਸ ਘੱਲ ਨਹੀਂ ਸਕਦੀ (ਜੋ ਮੇਰੀ ਹਾਲਤ ਤੈਨੂੰ ਦੱਸੇ । ਨੀਂਦ ਅੱਗੇ ਹੀ ਤਰਲੇ ਕਰਦੀ ਹਾਂ—) ਹੇ ਭਾਗਾਂ ਵਾਲੀ ਸੋਹਣੀ ਨੀਂਦ! ਤੂੰ (ਮੇਰੇ ਕੋਲ ਆ) ਸ਼ਾਇਦ (ਤੇਰੀ ਰਾਹੀਂ ਹੀ) ਮੈਂ ਆਪਣੇ ਖਸਮ-ਪ੍ਰਭੂ ਦਾ ਦੀਦਾਰ ਕਰ ਸਕਾਂ ।

ਹੇ ਨਾਨਕ! (ਪ੍ਰਭੂ-ਦਰ ਤੇ) ਆਖ—ਹੇ ਮੇਰੇ ਮਾਲਕ! ਜੇ ਕੋਈ ਗੁਰਮੁਖਿ ਮੈਨੂੰ ਤੇਰੀ ਕੋਈ ਗੱਲ ਸੁਣਾਵੇ ਤਾਂ ਮੈਂ ਉਸ ਅੱਗੇ ਕੇਹੜੀ ਭੇਟ ਧਰਾਂ! ਆਪਣਾ ਸਿਰ ਵੱਢ ਕੇ ਮੈਂ ਉਸ ਦੇ ਬੈਠਣ ਲਈ ਆਸਣ ਬਣਾ ਦਿਆਂ (ਭਾਵ,) ਆਪਾ-ਭਾਵ ਦੂਰ ਕਰ ਕੇ ਮੈਂ ਉਸ ਦੀ ਸੇਵਾ ਕਰਾਂ ।

ਜਦੋਂ ਸਾਡਾ ਪ੍ਰਭੂ-ਪਤੀ (ਸਾਡੀ ਮੂਰਖਤਾ ਦੇ ਕਾਰਨ) ਸਾਥੋਂ ਓਪਰਾ ਹੋ ਜਾਏ (ਤਾਂ ਉਸ ਨੂੰ ਮੁੜ ਆਪਣਾ ਬਨਾਣ ਲਈ ਇਹੀ ਇਕ ਤਰੀਕਾ ਹੈ ਕਿ) ਅਸੀ ਆਪਾ-ਭਾਵ ਮਾਰ ਦੇਈਏ, ਤੇ ਆਪਣੀ ਜਿੰਦ ਉਸ ਤੋਂ ਸਦਕੇ ਕਰ ਦੇਈਏ ।੧।੩।

ਵਡਹੰਸੁ ਮਹਲਾ ੩ ਘਰੁ ੧ ੴ ਸਤਿਗੁਰ ਪ੍ਰਸਾਦਿ ॥ ਮਨਿ ਮੈਲੈ ਸਭੁ ਕਿਛੁ ਮੈਲਾ ਤਨਿ ਧੋਤੈ ਮਨੁ ਹਛਾ ਨ ਹੋਇ ॥ ਇਹ ਜਗਤੁ ਭਰਮਿ ਭੁਲਾਇਆ ਵਿਰਲਾ ਬੂਝੈ ਕੋਇ ॥੧॥ ਜਪਿ ਮਨ ਮੇਰੇ ਤੂ ਏਕੋ ਨਾਮੁ ॥ ਸਤਗੁਰਿ ਦੀਆ ਮੋ ਕਉ ਏਹੁ ਨਿਧਾਨੁ ॥੧॥ ਰਹਾਉ ॥ ਸਿਧਾ ਕੇ ਆਸਣ ਜੇ ਸਿਖੈ ਇੰਦ੍ਰੀ ਵਸਿ ਕਰਿ ਕਮਾਇ ॥ ਮਨ ਕੀ ਮੈਲੁ ਨ ਉਤਰੈ ਹਉਮੈ ਮੈਲੁ ਨ ਜਾਇ ॥੨॥ ਇਸੁ ਮਨ ਕਉ ਹੋਰੁ ਸੰਜਮੁ ਕੋ ਨਾਹੀ ਵਿਣੁ ਸਤਿਗੁਰ ਕੀ ਸਰਣਾਇ ॥ ਸਤਗੁਰਿ ਮਿਲਿਐ ਉਲਟੀ ਭਈ ਕਹਣਾ ਕਿਛੂ ਨ ਜਾਇ ॥੩॥ ਭਣਤਿ ਨਾਨਕੁ ਸਤਿਗੁਰ ਕਉ ਮਿਲਦੋ ਮਰੈ ਗੁਰ ਕੈ ਸਬਦਿ ਫਿਰਿ ਜੀਵੈ ਕੋਇ ॥ ਮਮਤਾ ਕੀ ਮਲੁ ਉਤਰੈ ਇਹੁ ਮਨੁ ਹਛਾ ਹੋਇ ॥੪॥੧॥ {ਪੰਨਾ 558}

ਪਦਅਰਥ:- ਮਨਿ ਮੈਲੈ—(ਵਿਕਾਰਾਂ ਨਾਲ) ਮੈਲੇ ਮਨ ਦੀ ਰਾਹੀਂ । ਤਨਿ ਧੋਤੈ—ਧੋਤੇ ਹੋਏ ਸਰੀਰ ਦੀ ਰਾਹੀਂ, ਜੇ ਸਰੀਰ ਨੂੰ (ਤੀਰਥਾਂ ਆਦਿਕ ਤੇ) ਇਸ਼ਨਾਨ ਕਰਾ ਲਿਆ ਜਾਏ । ਭਰਮਿ—ਭੁਲੇਖੇ ਵਿਚ (ਪੈ ਕੇ) ।੧।

ਮਨ—ਹੇ ਮਨ! ਸਤਗੁਰਿ—ਗੁਰੂ ਨੇ । ਮੋ ਕਉ—ਮੈਨੂੰ । ਨਿਧਾਨੁ—ਖ਼ਜ਼ਾਨਾ ।੧।

ਸਿਖੈ—ਸਿੱਖ ਲਏ । ਵਸਿ ਕਰਿ—ਵੱਸ ਵਿਚ ਕਰ ਕੇ ।੨।

ਸੰਜਮੁ—ਜਤਨ, ਤਰੀਕਾ । ਸਤਗੁਰਿ ਮਿਲਿਐ—ਜੇ ਗੁਰੂ ਮਿਲ ਪਏ ।੩।

ਭਣਤਿ—ਆਖਦਾ ਹੈ । ਕਉ—ਨੂੰ । ਮਰੈ—(ਵਿਕਾਰਾਂ ਵਲੋਂ) ਅਛੋਹ ਹੋ ਜਾਏ । ਸਬਦਿ—ਸ਼ਬਦ ਦੀ ਰਾਹੀਂ ।੪।

ਅਰਥ:- ਹੇ ਮੇਰੇ ਮਨ! ਤੂੰ (ਵਿਕਾਰਾਂ ਤੋਂ ਬਚਣ ਲਈ) ਸਿਰਫ਼ ਪਰਮਾਤਮਾ ਦਾ ਨਾਮ ਜਪਿਆ ਕਰ । ਇਹ (ਨਾਮ-) ਖ਼ਜ਼ਾਨਾ ਮੈਨੂੰ ਗੁਰੂ ਨੇ ਬਖ਼ਸ਼ਿਆ ਹੈ ।੧।ਰਹਾਉ।

ਹੇ ਭਾਈ! ਜੇ ਮਨੁੱਖ ਦਾ ਮਨ (ਵਿਕਾਰਾਂ ਦੀ) ਮੈਲ ਨਾਲ ਭਰਿਆ ਰਹੇ (ਤਾਂ ਉਤਨਾ ਚਿਰ ਮਨੁੱਖ ਜੋ ਕੁਝ ਕਰਦਾ ਹੈ । ਸਭ ਕੁਝ ਵਿਕਾਰ ਹੀ ਕਰਦਾ ਹੈ, ਸਰੀਰ ਨੂੰ (ਤੀਰਥਾਂ ਆਦਿਕ ਦੇ) ਇਸ਼ਨਾਨ ਕਰਾਣ ਨਾਲ ਮਨ ਪਵਿਤ੍ਰ ਨਹੀਂ ਹੋ ਸਕਦਾ । ਪਰ ਇਹ ਸੰਸਾਰ (ਤੀਰਥ-ਇਸ਼ਨਾਨ ਤੋਂ ਮਨ ਦੀ

ਪਵਿਤ੍ਰਤਾ ਮਿਲ ਜਾਣ ਦੇ) ਭੁਲੇਖੇ ਵਿਚ ਪੈ ਕੇ ਕੁਰਾਹੇ ਤੁਰਿਆ ਜਾ ਰਿਹਾ ਹੈ । ਕੋਈ ਵਿਰਲਾ ਮਨੁੱਖ (ਇਸ ਸੱਚਾਈ ਨੂੰ) ਸਮਝਦਾ ਹੈ ।੧।

ਜੇ ਮਨੁੱਖ ਕਰਾਮਾਤੀ ਜੋਗੀਆਂ ਵਾਲੇ ਆਸਣ ਕਰਨੇ ਸਿੱਖ ਲਏ, ਜੇ ਕਾਮ-ਵਾਸਨਾ ਨੂੰ ਜਿੱਤ ਕੇ (ਆਸਣਾਂ ਦੇ ਅੱਭਿਆਸ ਦੀ) ਕਮਾਈ ਕਰਨ ਲੱਗ ਪਏ, ਤਾਂ ਭੀ ਮਨ ਦੀ ਮੈਲ ਨਹੀਂ ਲਹਿੰਦੀ, (ਮਨ ਵਿਚੋਂ) ਹਉਮੈ ਦੀ ਮੈਲ ਨਹੀਂ ਜਾਂਦੀ ।੨।

ਹੇ ਭਾਈ! ਗੁਰੂ ਦੀ ਸਰਨ ਪੈਣ ਤੋਂ ਬਿਨਾ ਹੋਰ ਕੋਈ ਜਤਨ ਇਸ ਮਨ ਨੂੰ ਪਵਿਤ੍ਰ ਨਹੀਂ ਕਰ ਸਕਦਾ । ਜੇ ਗੁਰੂ ਮਿਲ ਪਏ ਤਾਂ ਮਨ ਦੀ ਬ੍ਰਿਤੀ ਸੰਸਾਰ ਵਲੋਂ ਉਲਟ ਜਾਂਦੀ ਹੈ (ਤੇ ਮਨ ਦੀ ਐਸੀ ਉੱਚੀ ਦਸ਼ਾ ਬਣ ਜਾਂਦੀ ਹੈ ਜੋ) ਬਿਆਨ ਨਹੀਂ ਕੀਤੀ ਜਾ ਸਕਦੀ ।੩।

ਨਾਨਕ ਆਖਦਾ ਹੈ—ਜੇਹੜਾ ਮਨੁੱਖ ਗੁਰੂ ਨੂੰ ਮਿਲ ਕੇ (ਵਿਕਾਰਾਂ ਵਲੋਂ) ਅਛੋਹ ਹੋ ਜਾਂਦਾ ਹੈ, ਤੇ, ਫਿਰ ਗੁਰੂ ਦੇ ਸ਼ਬਦ ਵਿਚ ਜੁੜ ਕੇ ਆਤਮਕ ਜੀਵਨ ਹਾਸਲ ਕਰ ਲੈਂਦਾ ਹੈ (ਉਸ ਦੇ ਅੰਦਰੋਂ ਮਾਇਆ ਦੀ) ਮਮਤਾ ਦੀ ਮੈਲ ਲਹਿ ਜਾਂਦੀ ਹੈ, ਉਸ ਦਾ ਇਹ ਮਨ ਪਵਿਤ੍ਰ ਹੋ ਜਾਂਦਾ ਹੈ ।੪।੧।

ਵਡਹੰਸੁ ਮਹਲਾ ੩ ॥ ਨਦਰੀ ਸਤਗੁਰੁ ਸੇਵੀਐ ਨਦਰੀ ਸੇਵਾ ਹੋਇ ॥ ਨਦਰੀ ਇਹੁ ਮਨੁ ਵਸਿ ਆਵੈ ਨਦਰੀ ਮਨੁ ਨਿਰਮਲੁ ਹੋਇ ॥੧॥ ਮੇਰੇ ਮਨ ਚੇਤਿ ਸਚਾ ਸੋਇ ॥ ਏਕੋ ਚੇਤਹਿ ਤਾ ਸੁਖੁ ਪਾਵਹਿ ਫਿਰਿ ਦੂਖੁ ਨ ਮੂਲੇ ਹੋਇ ॥੧॥ ਰਹਾਉ ॥ ਨਦਰੀ ਮਰਿ ਕੈ ਜੀਵੀਐ ਨਦਰੀ ਸਬਦੁ ਵਸੈ ਮਨਿ ਆਇ ॥ ਨਦਰੀ ਹੁਕਮੁ ਬੁਝੀਐ ਹੁਕਮੇ ਰਹੈ ਸਮਾਇ ॥੨॥ ਜਿਨਿ ਜਿਹਵਾ ਹਰਿ ਰਸੁ ਨ ਚਖਿਓ ਸਾ ਜਿਹਵਾ ਜਲਿ ਜਾਉ ॥ ਅਨ ਰਸ ਸਾਦੇ ਲਗਿ ਰਹੀ ਦੁਖੁ ਪਾਇਆ ਦੂਜੈ ਭਾਇ ॥੩॥ ਸਭਨਾ ਨਦਰਿ ਏਕ ਹੈ ਆਪੇ ਫਰਕੁ ਕਰੇਇ ॥ ਨਾਨਕ ਸਤਗੁਰਿ ਮਿਲਿਐ ਫਲੁ ਪਾਇਆ ਨਾਮੁ ਵਡਾਈ ਦੇਇ ॥੪॥੨॥ {ਪੰਨਾ 558}

ਪਦਅਰਥ:- ਨਦਰੀ—(ਪਰਮਾਤਮਾ ਦੀ ਕਿਰਪਾ ਦੀ) ਨਜ਼ਰ ਨਾਲ । ਸੇਵੀਐ—ਸੇਵਾ ਕੀਤੀ ਜਾ ਸਕਦੀ ਹੈ, ਸਰਨ ਲਈ ਜਾ ਸਕਦੀ ਹੈ । ਵਸਿ—ਕਾਬੂ ਵਿਚ । ਨਿਰਮਲੁ—ਪਵਿਤ੍ਰ ।੧।

ਚੇਤਿ—ਸਿਮਰ, ਯਾਦ ਕਰਦਾ ਰਹੁ । ਸਚਾ—ਸਦਾ ਕਾਇਮ ਰਹਿਣ ਵਾਲਾ ਪ੍ਰਭੂ । ਮੂਲੇ—ਬਿਲਕੁਲ ।੧।ਰਹਾਉ।

ਮਰਿ ਕੈ—ਵਿਕਾਰਾਂ ਵਲੋਂ ਅਛੋਹ ਹੋ ਕੇ । ਜੀਵੀਐ—ਆਤਮਕ ਜੀਵਨ ਪ੍ਰਾਪਤ ਕਰੀਦਾ ਹੈ । ਮਨਿ—ਮਨ ਵਿਚ । ਹੁਕਮੇ—ਹੁਕਮਿ ਹੀ, ਹੁਕਮ ਵਿਚ ਹੀ ।੨।

ਜਿਨਿ—ਜਿਸ ਨੇ । ਜਿਨਿ ਜਿਹਵਾ—ਜਿਸ ਜੀਭ ਨੇ । ਜਲਿ ਜਾਉ—ਸੜ ਜਾਏ, ਉਹ ਸੜਨ-ਜੋਗ ਹੈ । ਅਨ—ਹੋਰ ਹੋਰ । ਸਾਦੇ—ਸਾਦਿ, ਸੁਆਦ ਵਿਚ । ਦੂਜੈ ਭਾਇ—ਮਾਇਆ ਦੇ ਪਿਆਰ ਵਿਚ ।੩।

ਆਪੇ—ਆਪ ਹੀ । ਕਰੇਇ—ਕਰਦਾ ਹੈ । ਸਤਗੁਰਿ ਮਿਲਿਐ—ਜੇ ਗੁਰੂ ਮਿਲ ਪਏ । ਦੇਇ—ਦੇਂਦਾ ਹੈ ।੪।

ਅਰਥ:- ਹੇ (ਮੇਰੇ) ਮਨ! ਉਸ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੂੰ ਯਾਦ ਕਰਿਆ ਕਰ । ਜੇ ਤੂੰ ਉਸ ਇਕ ਪਰਮਾਤਮਾ ਨੂੰ ਯਾਦ ਕਰਦਾ ਰਹੇਂਗਾ ਤਾਂ ਸੁਖ ਹਾਸਲ ਕਰੇਂਗਾ, ਤੇ, ਤੈਨੂੰ ਕਦੇ ਭੀ ਕੋਈ

ਦੁੱਖ ਨਹੀਂ ਪੋਹ ਸਕੇਗਾ ।੧।ਰਹਾਉ।

(ਹੇ ਭਾਈ!) ਪਰਮਾਤਮਾ ਦੀ ਮੇਹਰ ਦੀ ਨਿਗਾਹ ਨਾਲ ਹੀ ਗੁਰੂ ਦੀ ਸਰਨ ਪੈ ਸਕੀਦਾ ਹੈ, ਮੇਹਰ ਦੀ ਨਜ਼ਰ ਨਾਲ ਹੀ ਪਰਮਾਤਮਾ ਦੀ ਸੇਵਾ-ਭਗਤੀ ਹੋ ਸਕਦੀ ਹੈ । ਮੇਹਰ ਦੀ ਨਿਗਾਹ ਨਾਲ ਹੀ ਇਹ ਮਨ ਕਾਬੂ ਵਿਚ ਆਉਂਦਾ ਹੈ, ਤੇ, ਪਵਿਤ੍ਰ ਹੋ ਜਾਂਦਾ ਹੈ ।੧।

(ਹੇ ਭਾਈ!) ਪਰਮਾਤਮਾ ਦੀ ਕਿਰਪਾ ਦੀ ਨਜ਼ਰ ਨਾਲ ਹੀ ਵਿਕਾਰਾਂ ਵਲੋਂ ਹਟ ਕੇ ਆਤਮਕ ਜੀਵਨ ਹਾਸਲ ਕਰੀਦਾ ਹੈ, ਤੇ, ਗੁਰੂ ਦਾ ਸ਼ਬਦ ਮਨ ਵਿਚ ਆ ਵੱਸਦਾ ਹੈ । ਮੇਹਰ ਦੀ ਨਿਗਾਹ ਨਾਲ ਹੀ ਪਰਮਾਤਮਾ ਦੀ ਰਜ਼ਾ ਨੂੰ ਸਮਝ ਸਕੀਦਾ ਹੈ, ਤੇ, ਰਜ਼ਾ ਵਿਚ ਹੀ ਸਦਾ ਟਿਕੇ ਰਹੀਦਾ ਹੈ ।੨।

ਹੇ ਭਾਈ! ਜਿਸ ਜੀਭ ਨੇ ਕਦੇ ਪਰਮਾਤਮਾ ਦੇ ਨਾਮ ਦਾ ਸੁਆਦ ਨਹੀਂ ਚੱਖਿਆ ਉਹ ਜੀਭ ਸੜਨ-ਜੋਗੀ ਹੀ ਹੈ, (ਕਿਉਂਕਿ ਜਿਸ ਮਨੁੱਖ ਦੀ ਜੀਭ) ਹੋਰ ਹੋਰ ਰਸਾਂ ਦੇ ਸੁਆਦ ਵਿਚ ਲੱਗੀ ਰਹਿੰਦੀ ਹੈ, ਉਹ ਮਨੁੱਖ ਮਾਇਆ ਦੇ ਮੋਹ ਵਿਚ ਫਸ ਕੇ ਦੁੱਖ (ਹੀ) ਪਾਂਦਾ ਰਹਿੰਦਾ ਹੈ ।੩।

(ਹੇ ਭਾਈ! ਉਂਞ ਤਾਂ) ਸਭ ਜੀਵਾਂ ਉਤੇ ਇਕ ਪਰਮਾਤਮਾ ਦੀ ਹੀ ਕਿਰਪਾ ਦੀ ਨਜ਼ਰ ਰਹਿੰਦੀ ਹੈ, (ਪਰ ਕੋਈ ਚੰਗਾ ਬਣ ਜਾਂਦਾ ਹੈ ਕੋਈ ਵਿਕਾਰੀ ਹੋ ਜਾਂਦਾ ਹੈ, ਇਹ) ਫ਼ਰਕ (ਭੀ) ਪਰਮਾਤਮਾ ਆਪ ਹੀ ਬਣਾਂਦਾ ਹੈ (ਕਿਉਂਕਿ) ਹੇ ਨਾਨਕ! ਜੇ ਗੁਰੂ ਮਿਲ ਪਏ (ਤਾਂ ਹੀ ਪਰਮਾਤਮਾ ਦੀ ਮੇਹਰ ਦੀ ਨਿਗਾਹ ਦਾ) ਫਲ ਮਿਲਦਾ ਹੈ (ਪਰਮਾਤਮਾ ਗੁਰੂ ਦੀ ਰਾਹੀਂ ਆਪਣਾ) ਨਾਮ ਬਖ਼ਸ਼ਦਾ ਹੈ (ਇਹ ਨਾਮ-ਪ੍ਰਾਪਤੀ ਹੀ ਸਭ ਤੋਂ ਵੱਡੀ) ਇੱਜ਼ਤ (ਹੈ) ।੪।੨।

ਵਡਹੰਸੁ ਮਹਲਾ ੩ ॥ ਮਾਇਆ ਮੋਹੁ ਗੁਬਾਰੁ ਹੈ ਗੁਰ ਬਿਨੁ ਗਿਆਨੁ ਨ ਹੋਈ ॥ ਸਬਦਿ ਲਗੇ ਤਿਨ ਬੁਝਿਆ ਦੂਜੈ ਪਰਜ ਵਿਗੋਈ ॥੧॥ ਮਨ ਮੇਰੇ ਗੁਰਮਤਿ ਕਰਣੀ ਸਾਰੁ ॥ ਸਦਾ ਸਦਾ ਹਰਿ ਪ੍ਰਭੁ ਰਵਹਿ ਤਾ ਪਾਵਹਿ ਮੋਖ ਦੁਆਰੁ ॥੧॥ ਰਹਾਉ ॥ ਗੁਣਾ ਕਾ ਨਿਧਾਨੁ ਏਕੁ ਹੈ ਆਪੇ ਦੇਇ ਤਾ ਕੋ ਪਾਏ ॥ ਬਿਨੁ ਨਾਵੈ ਸਭ ਵਿਛੁੜੀ ਗੁਰ ਕੈ ਸਬਦਿ ਮਿਲਾਏ ॥੨॥ ਮੇਰੀ ਮੇਰੀ ਕਰਦੇ ਘਟਿ ਗਏ ਤਿਨਾ ਹਥਿ ਕਿਹੁ ਨ ਆਇਆ ॥ ਸਤਗੁਰਿ ਮਿਲਿਐ ਸਚਿ ਮਿਲੇ ਸਚਿ ਨਾਮਿ ਸਮਾਇਆ ॥੩॥ ਆਸਾ ਮਨਸਾ ਏਹੁ ਸਰੀਰੁ ਹੈ ਅੰਤਰਿ ਜੋਤਿ ਜਗਾਏ ॥ ਨਾਨਕ ਮਨਮੁਖਿ ਬੰਧੁ ਹੈ ਗੁਰਮੁਖਿ ਮੁਕਤਿ ਕਰਾਏ ॥੪॥੩॥ {ਪੰਨਾ 559}

ਪਦਅਰਥ:- ਗੁਬਾਰੁ—ਘੁੱਪ ਹਨੇਰਾ । ਗਿਆਨੁ—ਆਤਮਕ ਜੀਵਨ ਦੀ ਸੂਝ । ਸਬਦਿ—ਸ਼ਬਦ ਵਿਚ । ਤਿਨ—ਉਹਨਾਂ ਨੇ । ਦੂਜੈ—ਮਾਇਆ ਦੇ ਮੋਹ ਵਿਚ । ਪਰਜ—ਸ੍ਰਿਸ਼ਟੀ । ਵਿਗੋਈ—ਖ਼ੁਆਰ ਹੋ ਰਹੀ ਹੈ ।੧।

ਕਰਣੀ—ਜੀਵਨ-ਕਰਤੱਬ । ਸਾਰੁ—ਸੰਭਾਲ । ਰਵਹਿ—(ਜੇ) ਤੂੰ ਸਿਮਰਦਾ ਰਹੇਂ । ਮੋਖ—ਵਿਕਾਰਾਂ ਤੋਂ ਖ਼ਲਾਸੀ ।੧।ਰਹਾਉ।

ਨਿਧਾਨੁ—ਖ਼ਜ਼ਾਨਾ । ਦੇਇ—ਦੇਂਦਾ ਹੈ । ਕੋ—ਕੋਈ ਮਨੁੱਖ । ਸਬਦਿ—ਸ਼ਬਦ ਦੀ ਰਾਹੀਂ ।੨।

ਘਟਿ ਗਏ—ਆਤਮਕ ਜੀਵਨ ਵਿਚ ਲਿੱਸੇ ਹੁੰਦੇ ਜਾਂਦੇ ਹਨ । ਹਥਿ—ਹੱਥ ਵਿਚ । ਕਿਹੁ—(ਆਤਮਕ ਜੀਵਨ ਵਿਚੋਂ) ਕੁਝ ਭੀ । ਸਤਗੁਰਿ ਮਿਲਿਐ—ਜੇ ਗੁਰੂ ਮਿਲ ਪਏ । ਸਚਿ—ਸਦਾ-ਥਿਰ ਪ੍ਰਭੂ ਵਿਚ

। ਨਾਮਿ—ਨਾਮ ਵਿਚ ।੩।

ਮਨਸਾ—ਮਨ ਦਾ ਫੁਰਨਾ {mnl—w} । ਜੋਤਿ ਜਗਾਏ—ਆਤਮਕ ਜੀਵਨ ਦੀ ਰੌਸ਼ਨੀ ਕਰ ਦੇਂਦਾ ਹੈ । ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ । ਬੰਧੁ—ਬੰਨ੍ਹ, ਰੋਕ । ਮੁਕਤਿ—(ਵਿਕਾਰਾਂ ਦੇ ਬੰਧਨਾਂ ਤੋਂ) ਖ਼ਲਾਸੀ ।੪।

ਅਰਥ:- ਹੇ ਮੇਰੇ ਮਨ! ਗੁਰੂ ਦੀ ਮਤਿ ਲੈ ਕੇ ਜੀਵਨ-ਚਾਲ ਚੱਲ । ਜੇ ਤੂੰ ਸਦਾ ਪਰਮਾਤਮਾ ਦਾ ਨਾਮ ਸਿਮਰਦਾ ਰਹੇਂ ਤਾਂ (ਮਾਇਆ ਦੇ ਬੰਧਨਾਂ ਤੋਂ) ਖ਼ਲਾਸੀ ਦਾ ਰਸਤਾ ਲੱਭ ਲਏਂਗਾ ।੧।ਰਹਾਉ।

(ਹੇ ਭਾਈ! ਆਤਮਕ ਜੀਵਨ ਦੇ ਰਸਤੇ ਵਿਚ) ਮਾਇਆ ਦਾ ਮੋਹ (ਮਾਨੋ) ਘੁੱਪ ਹਨੇਰਾ ਹੈ, ਗੁਰੂ ਦੀ ਸਰਨ ਪੈਣ ਤੋਂ ਬਿਨਾ (ਇਸ ਘੁੱਪ ਹਨੇਰੇ ਵਿਚੋਂ) ਆਤਮਕ ਜੀਵਨ ਦੀ ਸੂਝ ਨਹੀਂ ਪੈ ਸਕਦੀ । ਜੇਹੜੇ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜੇ ਰਹਿੰਦੇ ਹਨ ਉਹਨਾਂ ਨੂੰ ਸੂਝ ਪੈ ਜਾਂਦੀ ਹੈ, (ਨਹੀਂ ਤਾਂ) ਮਾਇਆ ਦੇ ਮੋਹ ਵਿਚ ਫਸ ਕੇ ਸ੍ਰਿਸ਼ਟੀ ਖ਼ੁਆਰ ਹੁੰਦੀ ਰਹਿੰਦੀ ਹੈ ।੧।

ਹੇ ਭਾਈ! ਇਕ ਹਰਿ-ਨਾਮ ਹੀ ਸਾਰੇ ਗੁਣਾਂ ਦਾ ਖ਼ਜ਼ਾਨਾ ਹੈ, ਪਰ ਇਸ ਖ਼ਜ਼ਾਨੇ ਨੂੰ ਤਦੋਂ ਹੀ ਕੋਈ ਮਨੁੱਖ ਹਾਸਲ ਕਰਦਾ ਹੈ ਜਦੋਂ ਪ੍ਰਭੂ ਆਪ ਹੀ ਇਹ ਖ਼ਜ਼ਾਨਾ ਦੇਂਦਾ ਹੈ । ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਸ੍ਰਿਸ਼ਟੀ ਪਰਮਾਤਮਾ ਤੋਂ ਵਿਛੁੜੀ ਰਹਿੰਦੀ ਹੈ । ਗੁਰੂ ਦੇ ਸ਼ਬਦ ਵਿਚ ਜੋੜ ਕੇ (ਪ੍ਰਭੂ ਆਪਣੇ ਚਰਨਾਂ ਵਿਚ) ਮਿਲਾ ਲੈਂਦਾ ਹੈ ।੨।

ਮਾਇਆ ਦੀ ਅਪਣੱਤ ਦੀਆਂ ਗੱਲਾਂ ਕਰ ਕਰ ਕੇ ਜੀਵ ਆਤਮਕ ਜੀਵਨ ਵਿਚ ਕਮਜ਼ੋਰ ਹੁੰਦੇ ਰਹਿੰਦੇ ਹਨ (ਆਤਮਕ ਜੀਵਨ ਦੇ ਸਰਮਾਏ ਵਿਚੋਂ) ਉਹਨਾਂ ਨੂੰ ਕੁਝ ਭੀ ਨਹੀਂ ਮਿਲਦਾ । (ਪਰ) ਜੇ ਗੁਰੂ ਮਿਲ ਪਏ ਤਾਂ ਜੀਵ ਸਦਾ-ਥਿਰ ਪ੍ਰਭੂ ਵਿਚ ਜੁੜੇ ਰਹਿੰਦੇ ਹਨ, ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਲੀਨ ਰਹਿੰਦੇ ਹਨ ।੩।

ਹੇ ਭਾਈ! ਮਨੁੱਖ ਦਾ ਇਹ ਸਰੀਰ ਆਸਾ ਅਤੇ ਮਨਸਾ (ਨਾਲ ਬੱਝਾ ਰਹਿੰਦਾ) ਹੈ, (ਗੁਰੂ ਇਸ ਦੇ) ਅੰਦਰ ਆਤਮਕ ਜੀਵਨ ਦੀ ਰੌਸ਼ਨੀ ਪੈਦਾ ਕਰਦਾ ਹੈ । ਹੇ ਨਾਨਕ! ਆਪਣੇ ਮਨ ਦੇ ਪਿਛੇ ਤੁਰਨ ਵਾਲੇ ਮਨੁੱਖ ਦੇ ਰਾਹ ਵਿਚ (ਆਸਾ ਮਨਸਾ ਦੀ) ਰੋਕ ਪਈ ਰਹਿੰਦੀ ਹੈ, ਗੁਰੂ ਦੀ ਸਰਨ ਪਏ ਮਨੁੱਖ ਨੂੰ (ਪਰਮਾਤਮਾ ਇਸ ਆਸਾ ਮਨਸਾ ਤੋਂ) ਖ਼ਲਾਸੀ ਦਿਵਾ ਦੇਂਦਾ ਹੈ ।੪।੩।

ਵਡਹੰਸੁ ਮਹਲਾ ੩ ॥ ਸੋਹਾਗਣੀ ਸਦਾ ਮੁਖੁ ਉਜਲਾ ਗੁਰ ਕੈ ਸਹਜਿ ਸੁਭਾਇ ॥ ਸਦਾ ਪਿਰੁ ਰਾਵਹਿ ਆਪਣਾ ਵਿਚਹੁ ਆਪੁ ਗਵਾਇ ॥੧॥ ਮੇਰੇ ਮਨ ਤੂ ਹਰਿ ਹਰਿ ਨਾਮੁ ਧਿਆਇ ॥ ਸਤਗੁਰਿ ਮੋ ਕਉ ਹਰਿ ਦੀਆ ਬੁਝਾਇ ॥੧॥ ਰਹਾਉ ॥ ਦੋਹਾਗਣੀ ਖਰੀਆ ਬਿਲਲਾਦੀਆ ਤਿਨਾ ਮਹਲੁ ਨ ਪਾਇ ॥ ਦੂਜੈ ਭਾਇ ਕਰੂਪੀ ਦੂਖੁ ਪਾਵਹਿ ਆਗੈ ਜਾਇ ॥੨॥ ਗੁਣਵੰਤੀ ਨਿਤ ਗੁਣ ਰਵੈ ਹਿਰਦੈ ਨਾਮੁ ਵਸਾਇ ॥ ਅਉਗਣਵੰਤੀ ਕਾਮਣੀ ਦੁਖੁ ਲਾਗੈ ਬਿਲਲਾਇ ॥੩॥ ਸਭਨਾ ਕਾ ਭਤਾਰੁ ਏਕੁ ਹੈ ਸੁਆਮੀ ਕਹਣਾ ਕਿਛੂ ਨ ਜਾਇ ॥ ਨਾਨਕ ਆਪੇ ਵੇਕ ਕੀਤਿਅਨੁ ਨਾਮੇ ਲਇਅਨੁ ਲਾਇ ॥੪॥੪॥ {ਪੰਨਾ 559}

ਪਦਅਰਥ:- ਸੋਹਾਗਣੀ—ਸੁਹਾਗ-ਭਾਗ ਵਾਲੀਆਂ, ਪ੍ਰਭੂ-ਪਤੀ ਨੂੰ ਸਿਰ ਉਤੇ ਜੀਊਂਦਾ-ਜਾਗਦਾ ਜਾਣਨ ਵਾਲੀਆਂ । ਉਜਲਾ—ਰੋਸ਼ਨ । ਗੁਰ ਕੈ—ਗੁਰੂ ਦੇ ਸ਼ਬਦ ਦੀ ਬਰਕਤਿ ਨਾਲ । ਸਹਜਿ—

ਆਤਮਕ ਅਡੋਲਤਾ ਵਿਚ । ਸੁਭਾਇ—ਪ੍ਰੇਮ ਵਿਚ । ਪਿਰੁ—ਖਸਮ । ਰਾਵਹਿ—ਹਿਰਦੇ ਵਿਚ ਸੰਭਾਲ ਰੱਖਦੀਆਂ ਹਨ । ਆਪੁ—ਆਪਾ-ਭਾਵ ।੧।

ਸਤਗੁਰਿ—ਗੁਰੂ ਨੇ । ਮੋ ਕਉ—ਮੈਨੂੰ ।੧।ਰਹਾਉ।

ਖਰੀਆ—ਬਹੁਤ । ਮਹਲੁ—ਪ੍ਰਭੂ ਦੀ ਹਜ਼ੂਰੀ । ਕਰੂਪੀ—ਕੋਝੇ (ਆਤਮਕ) ਰੂਪ ਵਾਲੀਆਂ, ਕੋਝੇ ਆਤਮਕ ਜੀਵਨ ਵਾਲੀਆਂ । ਆਗੈ—ਪਰਲੋਕ ਵਿਚ । ਜਾਇ—ਜਾ ਕੇ ।੨।

ਰਵੈ—ਚੇਤੇ ਰੱਖਦੀ ਹੈ । ਵਸਾਇ—ਵਸਾ ਕੇ । ਕਾਮਣੀ—(ਜੀਵ-) ਇਸਤ੍ਰੀ ।੩।

ਭਤਾਰੁ—ਖਸਮ । ਵੇਕ—ਵਖ ਵਖ ਸੁਭਾਉ ਵਾਲੇ । ਕੀਤਿਅਨੁ—ਉਸ ਨੇ ਬਣਾ ਦਿੱਤੇ ਹਨ । ਨਾਮੇ—ਨਾਮ ਵਿਚ । ਲਇਅਨੁ ਲਾਇ—ਉਸ ਨੇ ਲਾ ਲਏ ਹਨ ।੪।

ਅਰਥ:- ਹੇ ਮੇਰੇ ਮਨ! ਤੂੰ ਸਦਾ ਹਰਿ-ਨਾਮ ਸਿਮਰਦਾ ਰਹੁ । ਗੁਰੂ ਨੇ ਮੈਨੂੰ ਹਰਿ-ਨਾਮ (ਸਿਮਰਨ) ਦੀ ਸੂਝ ਦੇ ਦਿੱਤੀ ਹੈ ।੧।ਰਹਾਉ।

ਹੇ ਭਾਈ! ਪ੍ਰਭੂ-ਪਤੀ ਨੂੰ ਸਿਰ ਉੱਤੇ ਜੀਊਂਦਾ-ਜਾਗਦਾ ਜਾਣਨ ਵਾਲੀਆਂ ਜੀਵ-ਇਸਤ੍ਰੀਆਂ ਦਾ ਮੂੰਹ ਸਦਾ ਰੌਸ਼ਨ ਰਹਿੰਦਾ ਹੈ, ਗੁਰੂ ਦੇ ਸ਼ਬਦ ਦੀ ਰਾਹੀਂ ਉਹ ਆਤਮਕ ਅਡੋਲਤਾ ਵਿਚ ਤੇ ਪ੍ਰਭੂ-ਪ੍ਰੇਮ ਵਿਚ ਟਿਕੀਆਂ ਰਹਿੰਦੀਆਂ ਹਨ । ਉਹ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਕੇ ਸਦਾ ਆਪਣੇ ਪ੍ਰਭੂ-ਪਤੀ ਨੂੰ ਹਿਰਦੇ ਵਿਚ ਸੰਭਾਲ ਰੱਖਦੀਆਂ ਹਨ ।੧।

ਪਰ ਛੁੱਟੜ ਜੀਵ-ਇਸਤ੍ਰੀਆਂ ਬਹੁਤ ਦੁਖੀ ਰਹਿੰਦੀਆਂ ਹਨ, ਉਹਨਾਂ ਨੂੰ ਪ੍ਰਭੂ ਦੀ ਹਜ਼ੂਰੀ ਨਸੀਬ ਨਹੀਂ ਹੁੰਦੀ । ਮਾਇਆ ਦੇ ਮੋਹ ਵਿਚ ਗ਼ਲਤਾਨ ਰਹਿਣ ਕਰ ਕੇ ਉਹ ਕੋਝੇ ਆਤਮਕ ਜੀਵਨ ਵਾਲੀਆਂ ਹੀ ਰਹਿੰਦੀਆਂ ਹਨ, ਪਰਲੋਕ ਵਿਚ ਜਾ ਕੇ ਭੀ ਉਹ ਦੁੱਖ ਹੀ ਸਹਾਰਦੀਆਂ ਹਨ ।੨।

ਗੁਣਾਂ ਵਾਲੀ ਜੀਵ-ਇਸਤ੍ਰੀ ਆਪਣੇ ਹਿਰਦੇ ਵਿਚ ਪ੍ਰਭੂ-ਨਾਮ ਵਸਾ ਕੇ ਸਦਾ ਪ੍ਰਭੂ ਦੇ ਗੁਣ ਯਾਦ ਕਰਦੀ ਰਹਿੰਦੀ ਹੈ । ਪਰ ਔਗੁਣਾਂ-ਭਰੀ ਜੀਵ-ਇਸਤ੍ਰੀ ਨੂੰ ਦੁੱਖ ਚੰਬੜਿਆ ਰਹਿੰਦਾ ਹੈ ਉਹ ਸਦਾ ਵਿਲਕਦੀ ਰਹਿੰਦੀ ਹੈ ।੩।

(ਪਰ ਇਹ ਇਕ ਅਚਰਜ ਖੇਡ ਹੈ) ਕੁਝ ਕਿਹਾ ਨਹੀਂ ਜਾ ਸਕਦਾ (ਕੋਈ ਸੁਹਾਗਣਾਂ ਹਨ ਕੋਈ ਦੋਹਾਗਣਾਂ ਹਨ, ਤੇ) ਸਭਨਾਂ ਦਾ ਖਸਮ ਇਕ ਪਰਮਾਤਮਾ ਮਾਲਕ ਹੀ ਹੈ । ਹੇ ਨਾਨਕ! ਪ੍ਰਭੂ ਨੇ ਆਪ ਹੀ ਜੀਵਾਂ ਨੂੰ ਵਖ ਵਖ ਸੁਭਾਵ ਵਾਲੇ ਬਣਾ ਦਿੱਤਾ ਹੈ, ਉਸ ਨੇ ਆਪ ਹੀ ਜੀਵ ਆਪਣੇ ਨਾਮ ਵਿਚ ਜੋੜੇ ਹੋਏ ਹਨ ।੪।੪।

ਵਡਹੰਸੁ ਮਹਲਾ ੩ ॥ ਅੰਮ੍ਰਿਤ ਨਾਮੁ ਸਦ ਮੀਠਾ ਲਾਗਾ ਗੁਰ ਸਬਦੀ ਸਾਦੁ ਆਇਆ ॥ ਸਚੀ ਬਾਣੀ ਸਹਜਿ ਸਮਾਣੀ ਹਰਿ ਜੀਉ ਮਨਿ ਵਸਾਇਆ ॥੧॥ ਹਰਿ ਕਰਿ ਕਿਰਪਾ ਸਤਗੁਰੂ ਮਿਲਾਇਆ ॥ ਪੂਰੈ ਸਤਗੁਰਿ ਹਰਿ ਨਾਮੁ ਧਿਆਇਆ ॥੧॥ ਰਹਾਉ ॥ ਬ੍ਰਹਮੈ ਬੇਦ ਬਾਣੀ ਪਰਗਾਸੀ ਮਾਇਆ ਮੋਹ ਪਸਾਰਾ ॥ ਮਹਾਦੇਉ ਗਿਆਨੀ ਵਰਤੈ ਘਰਿ ਆਪਣੈ ਤਾਮਸੁ ਬਹੁਤੁ ਅਹੰਕਾਰਾ ॥੨॥ ਕਿਸਨੁ ਸਦਾ ਅਵਤਾਰੀ ਰੂਧਾ ਕਿਤੁ ਲਗਿ ਤਰੈ ਸੰਸਾਰਾ ॥ ਗੁਰਮੁਖਿ ਗਿਆਨਿ ਰਤੇ ਜੁਗ ਅੰਤਰਿ ਚੂਕੈ ਮੋਹ ਗੁਬਾਰਾ ॥੩॥ ਸਤਗੁਰ ਸੇਵਾ ਤੇ

ਨਿਸਤਾਰਾ ਗੁਰਮੁਖਿ ਤਰੈ ਸੰਸਾਰਾ ॥ ਸਾਚੈ ਨਾਇ ਰਤੇ ਬੈਰਾਗੀ ਪਾਇਨਿ ਮੋਖ ਦੁਆਰਾ ॥੪॥ ਏਕੋ ਸਚੁ ਵਰਤੈ ਸਭ ਅੰਤਰਿ ਸਭਨਾ ਕਰੇ ਪ੍ਰਤਿਪਾਲਾ ॥ ਨਾਨਕ ਇਕਸੁ ਬਿਨੁ ਮੈ ਅਵਰੁ ਨ ਜਾਣਾ ਸਭਨਾ ਦੀਵਾਨੁ ਦਇਆਲਾ ॥੫॥੫॥ {ਪੰਨਾ 559}

ਪਦਅਰਥ:- ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ । ਸਦ—ਸਦਾ । ਸਬਦੀ—ਸ਼ਬਦੀ ਦੀ ਰਾਹੀਂ । ਸਾਦੁ—ਸੁਆਦ, ਆਨੰਦ । ਸਚੀ ਬਾਣੀ—ਸਦਾ-ਥਿਰ ਹਰੀ ਦੀ ਸਿਫ਼ਤਿ-ਸਾਲਾਹ ਦੀ ਬਾਣੀ ਦੀ ਰਾਹੀਂ । ਸਹਜਿ—ਆਤਮਕ ਅਡੋਲਤਾ ਵਿਚ । ਮਨਿ—ਮਨ ਵਿਚ ।੧।

ਕਰਿ—ਕਰ ਕੇ । ਸਤਗੁਰਿ—ਗੁਰੂ ਦੀ ਰਾਹੀਂ ।੧।ਰਹਾਉ।

ਬ੍ਰਹਮੈ—ਬ੍ਰਹਮਾ ਨੇ । ਪਸਾਰਾ—ਖਿਲਾਰਾ । ਮਹਾਦੇਉ—ਸ਼ਿਵ । ਵਰਤੈ—ਮਸਤ ਰਹਿੰਦਾ ਹੈ । ਘਰਿ—ਹਿਰਦੇ-ਘਰ ਵਿਚ । ਤਾਮਸੁ—ਕ੍ਰੋਧ ।੨।

ਕਿਸਨੁ—ਵਿਸ਼ਨੂ । ਰੁਧਾ—ਰੁੱਝਾ ਰਹਿੰਦਾ ਹੈ । ਕਿਤੁ ਲਗਿ—ਕਿਸ ਦੀ ਚਰਨੀਂ ਲੱਗ ਕੇ? ਗੁਰਮੁਖਿ—ਗੁਰੂ ਦੀ ਸਰਨ ਪੈਣ ਵਾਲੇ ਮਨੁੱਖ । ਗਿਆਨਿ—ਗਿਆਨ ਵਿਚ, ਆਤਮਕ ਜੀਵਨ ਦੀ ਸੂਝ (ਦੇ ਆਨੰਦ) ਵਿਚ । ਜੁਗ ਅੰਤਰਿ—ਜ਼ਮਾਨੇ ਵਿਚ, ਜਗਤ ਵਿਚ । ਗੁਬਾਰਾ—ਘੁੱਪ ਹਨੇਰਾ ।੩।

ਤੇ—ਤੋਂ । ਨਿਸਤਾਰਾ—ਪਾਰ-ਉਤਾਰਾ । ਸਾਚੈ ਨਾਇ—ਸਦਾ-ਥਿਰ ਪ੍ਰਭੂ ਦੇ ਨਾਮ ਵਿਚ । ਬੈਰਾਗੀ—ਮਾਇਆ ਦੇ ਮੋਹ ਤੋਂ ਨਿਰਲੇਪ । ਪਾਇਨਿ—ਪਾਂਦੇ ਹਨ । ਮੋਖ—ਮੋਹ ਤੋਂ ਖ਼ਲਾਸੀ ।੪।

ਸਚੁ—ਸਦਾ-ਥਿਰ ਰਹਿਣ ਵਾਲਾ ਪ੍ਰਭੂ । ਪ੍ਰਤਿਪਾਲਾ—ਪਾਲਣਾ । ਦੀਵਾਨੁ—ਆਸਰਾ, ਹਾਕਮ ਜਿਸ ਪਾਸ ਫ਼ਰਿਆਦ ਕੀਤੀ ਜਾ ਸਕੇ । ਨ ਜਾਣਾ—ਮੈਂ ਨਹੀਂ ਜਾਣਦਾ, ਨ ਜਾਣਾਂ ।੫।

ਅਰਥ:- (ਹੇ ਭਾਈ!) ਪਰਮਾਤਮਾ ਨੇ ਕਿਰਪਾ ਕਰ ਕੇ (ਜਿਸ ਮਨੁੱਖ ਨੂੰ) ਗੁਰੂ ਮਿਲਾ ਦਿੱਤਾ, ਉਸ ਨੇ ਪੂਰੇ ਗੁਰੂ ਦੀ ਰਾਹੀਂ ਪਰਮਾਤਮਾ ਦਾ ਨਾਮ ਸਿਮਰਨਾ ਸ਼ੁਰੂ ਕਰ ਦਿੱਤਾ ।੧।ਰਹਾਉ।

(ਜਿਸ ਮਨੁੱਖ ਨੂੰ ਗੁਰੂ ਮਿਲ ਪਿਆ, ਉਸ ਨੂੰ) ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਸਦਾ ਮਿੱਠਾ ਲੱਗਣ ਲੱਗ ਪਿਆ, ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਸ ਨੂੰ ਹਰਿ-ਨਾਮ ਦਾ ਸੁਆਦ ਆਉਣ ਲੱਗ ਪਿਆ, ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਦੀ ਰਾਹੀਂ ਆਤਮਕ ਅਡੋਲਤਾ ਵਿਚ ਉਸ ਦੀ ਲੀਨਤਾ ਹੋ ਗਈ; ਉਸ ਨੇ ਪਰਮਾਤਮਾ ਨੂੰ ਆਪਣੇ ਮਨ ਵਿਚ ਪ੍ਰੋ ਲਿਆ ।੧।

(ਕਹਿੰਦੇ ਹਨ ਕਿ) ਬ੍ਰਹਮਾ ਨੇ ਵੇਦਾਂ ਦੀ ਬਾਣੀ ਪਰਗਟ ਕੀਤੀ ਪਰ ਉਸ ਨੇ ਭੀ ਮਾਇਆ ਦੇ ਮੋਹ ਦਾ ਖਿਲਾਰਾ ਹੀ ਖਿਲਾਰਿਆ, (ਕਹਿੰਦੇ ਹਨ ਕਿ) ਮਹਾਦੇਉ ਆਤਮਕ ਜੀਵਨ ਦੀ ਸੂਝ ਵਾਲਾ ਹੈ, ਤੇ, ਉਹ ਆਪਣੇ ਹਿਰਦੇ-ਘਰ ਵਿਚ ਮਸਤ ਰਹਿੰਦਾ ਹੈ, (ਪਰ ਉਸ ਦੇ ਅੰਦਰ ਭੀ) ਬੜਾ ਕ੍ਰੋਧ ਤੇ ਅਹੰਕਾਰ (ਦੱਸੀਦਾ) ਹੈ ।੨।

ਵਿਸ਼ਨੂ ਸਦਾ ਅਵਤਾਰ ਧਾਰਨ ਵਿਚ ਰੁੱਝਾ ਹੋਇਆ (ਦੱਸਿਆ ਜਾ ਰਿਹਾ) ਹੈ । (ਦੱਸੋ) ਜਗਤ ਕਿਸ ਦੇ ਚਰਨੀਂ ਲੱਗ ਕੇ ਸੰਸਾਰ-ਸਾਗਰ ਤੋਂ ਪਾਰ ਲੰਘੇ? (ਹਾਂ) ਜੇਹੜੇ ਮਨੁੱਖ ਜਗਤ ਵਿਚ ਗੁਰੂ ਦੀ ਸਰਨ ਪੈ ਕੇ (ਗੁਰੂ ਤੋਂ ਮਿਲੇ ਆਤਮ) ਗਿਆਨ ਵਿਚ ਰੰਗੇ ਰਹਿੰਦੇ ਹਨ, ਉਹਨਾਂ ਦੇ ਅੰਦਰੋਂ ਮੋਹ ਦਾ ਘੁੱਪ ਹਨੇਰਾ ਦੂਰ ਹੋ ਜਾਂਦਾ ਹੈ ।੩।

ਹੇ ਭਾਈ! ਗੁਰੂ ਦੀ ਦੱਸੀ ਸੇਵਾ-ਭਗਤੀ ਦੀ ਬਰਕਤਿ ਨਾਲ ਹੀ ਪਾਰ-ਉਤਾਰਾ ਹੁੰਦਾ ਹੈ, ਗੁਰੂ ਦੀ

ਸਰਨ ਪੈ ਕੇ ਹੀ ਜਗਤ ਸੰਸਾਰ-ਸਮੁੰਦਰ ਤੋਂ ਪਾਰ ਲੰਘਦਾ ਹੈ । (ਗੁਰੂ ਦੀ ਰਾਹੀਂ) ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਰੰਗੇ ਹੋਏ ਮਨੁੱਖ ਮਾਇਆ ਦੇ ਮੋਹ ਤੋਂ ਨਿਰਲੇਪ ਹੋ ਜਾਂਦੇ ਹਨ, ਤੇ, ਮਾਇਆ ਦੇ ਮੋਹ ਤੋਂ ਖ਼ਲਾਸੀ ਦਾ ਦਰਵਾਜ਼ਾ ਲੱਭ ਲੈਂਦੇ ਹਨ ।੪।

(ਹੇ ਭਾਈ! ਗੁਰੂ ਦੀ ਸਰਨ ਪਿਆਂ ਇਹ ਸਮਝ ਆ ਜਾਂਦੀ ਹੈ ਕਿ) ਸਾਰੀ ਸ੍ਰਿਸ਼ਟੀ ਵਿਚ ਇਕ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਹੀ ਵੱਸਦਾ ਹੈ, ਸਭ ਜੀਵਾਂ ਦੀ ਪਾਲਣਾ ਕਰਦਾ ਹੈ । ਹੇ ਨਾਨਕ! (ਆਖ—) ਇੱਕ ਪਰਮਾਤਮਾ ਤੋਂ ਬਿਨਾ ਮੈਂ ਕਿਸੇ ਹੋਰ ਨੂੰ (ਉਸ ਵਰਗਾ) ਨਹੀਂ ਜਾਣਦਾ, ਉਹੀ ਦਇਆ ਦਾ ਘਰ ਪ੍ਰਭੂ ਸਭ ਜੀਵਾਂ ਦਾ ਆਸਰਾ-ਪਰਨਾ ਹੈ ।੫।੫।

ਵਡਹੰਸੁ ਮਹਲਾ ੩ ॥ ਗੁਰਮੁਖਿ ਸਚੁ ਸੰਜਮੁ ਤਤੁ ਗਿਆਨੁ ॥ ਗੁਰਮੁਖਿ ਸਾਚੇ ਲਗੈ ਧਿਆਨੁ ॥੧॥ ਗੁਰਮੁਖਿ ਮਨ ਮੇਰੇ ਨਾਮੁ ਸਮਾਲਿ ॥ ਸਦਾ ਨਿਬਹੈ ਚਲੈ ਤੇਰੈ ਨਾਲਿ ॥ ਰਹਾਉ ॥ ਗੁਰਮੁਖਿ ਜਾਤਿ ਪਤਿ ਸਚੁ ਸੋਇ ॥ ਗੁਰਮੁਖਿ ਅੰਤਰਿ ਸਖਾਈ ਪ੍ਰਭੁ ਹੋਇ ॥੨॥ ਗੁਰਮੁਖਿ ਜਿਸ ਨੋ ਆਪਿ ਕਰੇ ਸੋ ਹੋਇ ॥ ਗੁਰਮੁਖਿ ਆਪਿ ਵਡਾਈ ਦੇਵੈ ਸੋਇ ॥੩॥ ਗੁਰਮੁਖਿ ਸਬਦੁ ਸਚੁ ਕਰਣੀ ਸਾਰੁ ॥ ਗੁਰਮੁਖਿ ਨਾਨਕ ਪਰਵਾਰੈ ਸਾਧਾਰੁ ॥੪॥੬॥ {ਪੰਨਾ 559-560}

ਪਦਅਰਥ:- ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਸਚੁ—ਸਦਾ-ਥਿਰ ਪ੍ਰਭੂ (ਦਾ ਨਾਮ ਸਿਮਰਨਾ) । ਸੰਜਮੁ—ਇੰਦ੍ਰਿਆਂ ਨੂੰ ਵੱਸ ਕਰਨ ਦਾ ਜਤਨ । ਤਤੁ—ਅਸਲ । ਸਾਚੇ—ਸਦਾ ਕਾਇਮ ਰਹਿਣ ਵਾਲੇ ਪ੍ਰਭੂ ਵਿਚ ।੧।

ਮਨ—ਹੇ ਮਨ! ਸਮਾਲਿ—ਸਾਂਭ, ਯਾਦ ਕਰਦਾ ਰਹੁ ।ਰਹਾਉ।

ਜਾਤਿ ਪਤਿ—ਜਾਤਿ ਪਾਤਿ, ਉੱਚੀ ਕੁਲ । ਸਖਾਈ—ਮਿੱਤਰ, ਸਾਥੀ ।੨।

ਜਿਸ ਨੋ—{ਲਫ਼ਜ਼ 'ਜਿਸ' ਦਾ ੍ ਸੰਬੰਧਕ 'ਨੋ' ਦੇ ਕਾਰਨ ਉੱਡ ਗਿਆ ਹੈ} । ਵਡਾਈ—ਇੱਜ਼ਤ ।੩।

ਕਰਣੀ—ਕਰਤੱਬ, ਜੀਵਨ-ਮਨੋਰਥ । ਪਰਵਾਰੈ—ਪਰਵਾਰ ਵਾਸਤੇ । ਸਾਧਾਰੁ—ਸੁ-ਆਧਾਰੁ, ਆਧਾਰ ਸਹਿਤ, ਆਸਰਾ ਦੇਣ-ਜੋਗ ।੪।

ਅਰਥ:- ਹੇ ਮਨ! ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਯਾਦ ਕਰਦਾ ਰਹੁ । ਇਹ ਨਾਮ ਹੀ ਤੇਰੇ ਨਾਲ ਜਾਣ ਵਾਲਾ ਹੈ ਸਾਥ ਨਿਬਾਹੁਣ ਵਾਲਾ ਹੈ ।ਰਹਾਉ।

ਹੇ ਭਾਈ! ਗੁਰੂ ਦੀ ਸਰਨ ਪੈ ਕੇ ਸਦਾ-ਥਿਰ ਪ੍ਰਭੂ ਦਾ ਨਾਮ-ਸਿਮਰਨ ਹੀ ਇੰਦ੍ਰਿਆਂ ਨੂੰ ਵੱਸ ਕਰਨ ਦਾ ਸਹੀ ਜਤਨ ਹੈ, ਤੇ, ਆਤਮਕ ਜੀਵਨ ਦੀ ਸੂਝ ਦਾ ਮੂਲ ਹੈ । ਗੁਰੂ ਦੀ ਸਰਨ ਪਿਆਂ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਸੁਰਤਿ ਜੁੜੀ ਰਹਿੰਦੀ ਹੈ ।੧।

ਹੇ ਭਾਈ! ਗੁਰੂ ਦੀ ਸਰਨ ਪੈ ਕੇ ਉਸ ਸਦਾ-ਥਿਰ ਹਰੀ ਦਾ ਨਾਮ-ਸਿਮਰਨ ਉੱਚੀ ਜਾਤਿ ਤੇ ਉੱਚੀ ਕੁਲ (ਦਾ ਮੂਲ) ਹੈ । ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਦੇ ਅੰਦਰ ਪਰਮਾਤਮਾ ਆ ਵੱਸਦਾ ਹੈ, ਤੇ, ਉਸ ਦਾ (ਸਦਾ ਦਾ) ਸਾਥੀ ਬਣ ਜਾਂਦਾ ਹੈ ।੨।

ਪਰ ਉਹੀ ਮਨੁੱਖ ਗੁਰੂ ਦੇ ਸਨਮੁਖ ਹੋ ਸਕਦਾ ਹੈ ਜਿਸ ਨੂੰ ਪਰਮਾਤਮਾ ਆਪ (ਇਸ ਜੋਗ) ਬਣਾਂਦਾ ਹੈ, ਉਹ ਪਰਮਾਤਮਾ ਆਪ ਮਨੁੱਖ ਨੂੰ ਗੁਰੂ ਦੇ ਸਨਮੁਖ ਕਰ ਕੇ ਇੱਜ਼ਤ ਬਖ਼ਸ਼ਦਾ ਹੈ ।੩।

ਹੇ ਭਾਈ! ਗੁਰੂ ਦੀ ਸਰਨ ਪੈ ਕੇ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ (ਹਿਰਦੇ ਵਿਚ) ਸੰਭਾਲ, ਇਹੀ ਕਰਨ-ਜੋਗ ਕੰਮ ਹੈ । ਹੇ ਨਾਨਕ! ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਆਪਣੇ ਪਰਵਾਰ ਵਾਸਤੇ ਭੀ ਆਸਰਾ ਦੇਣ ਜੋਗਾ ਹੋ ਜਾਂਦਾ ਹੈ ।੪।੬।

ਵਡਹੰਸੁ ਮਹਲਾ ੩ ॥ ਰਸਨਾ ਹਰਿ ਸਾਦਿ ਲਗੀ ਸਹਜਿ ਸੁਭਾਇ ॥ ਮਨੁ ਤ੍ਰਿਪਤਿਆ ਹਰਿ ਨਾਮੁ ਧਿਆਇ ॥੧॥ ਸਦਾ ਸੁਖੁ ਸਾਚੈ ਸਬਦਿ ਵੀਚਾਰੀ ॥ ਆਪਣੇ ਸਤਗੁਰ ਵਿਟਹੁ ਸਦਾ ਬਲਿਹਾਰੀ ॥੧॥ ਰਹਾਉ ॥ ਅਖੀ ਸੰਤੋਖੀਆ ਏਕ ਲਿਵ ਲਾਇ ॥ ਮਨੁ ਸੰਤੋਖਿਆ ਦੂਜਾ ਭਾਉ ਗਵਾਇ ॥੨॥ ਦੇਹ ਸਰੀਰਿ ਸੁਖੁ ਹੋਵੈ ਸਬਦਿ ਹਰਿ ਨਾਇ ॥ ਨਾਮੁ ਪਰਮਲੁ ਹਿਰਦੈ ਰਹਿਆ ਸਮਾਇ ॥੩॥ ਨਾਨਕ ਮਸਤਕਿ ਜਿਸੁ ਵਡਭਾਗੁ ॥ ਗੁਰ ਕੀ ਬਾਣੀ ਸਹਜ ਬੈਰਾਗੁ ॥੪॥੭॥ {ਪੰਨਾ 560}

ਪਦਅਰਥ:- ਰਸਨਾ—ਜੀਭ । ਸਾਦਿ—ਸੁਆਦ ਵਿਚ । ਸਹਜਿ—ਆਤਮਕ ਅਡੋਲਤਾ ਵਿਚ । ਸੁਭਾਇ—ਪ੍ਰੇਮ ਵਿਚ । ਤ੍ਰਿਪਤਿਆ—ਰੱਜ ਜਾਂਦਾ ਹੈ । ਧਿਆਇ—ਸਿਮਰ ਕੇ ।੧।

ਸਾਚੈ ਸਬਦਿ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਵਿਚ (ਜੁੜਿਆਂ) । ਵੀਚਾਰੀ—ਵਿਚਾਰਵਾਨ । ਵਿਟਹੁ—ਤੋਂ । ਬਲਿਹਾਰੀ—ਕੁਰਬਾਨ ।੧।ਰਹਾਉ।

ਸੰਤੋਖੀਆ—ਰੱਜ ਜਾਂਦੀਆਂ ਹਨ । ਲਿਵ ਲਾਇ—ਸੁਰਤਿ ਜੋੜ ਕੇ । ਦੂਜਾ ਭਾਉ—ਮਾਇਆ ਦਾ ਪਿਆਰ ।੨।

ਦੇਹ—ਸਰੀਰ । ਸਰੀਰਿ—ਸਰੀਰ ਵਿਚ । ਸਬਦਿ—ਸ਼ਬਦ ਦੀ ਰਾਹੀਂ । ਨਾਇ—ਨਾਮ ਵਿਚ (ਜੁੜਿਆਂ) । ਪਰਮਲੁ—{pirml} ਸੁਗੰਧੀ, ਸੁਗੰਧੀ ਦੇਣ ਵਾਲਾ ਪਦਾਰਥ ।੩।

ਮਸਤਕਿ—ਮੱਥੇ ਉਤੇ । ਜਿਸੁ ਮਸਤਕਿ—ਜਿਸ ਦੇ ਮੱਥੇ ਉਤੇ । ਸਹਜ ਬੈਰਾਗੁ—ਆਤਮਕ ਅਡੋਲਤਾ ਪੈਦਾ ਕਰਨ ਵਾਲਾ ਵੈਰਾਗ । ਬੈਰਾਗੁ—ਨਿਰਮੋਹਤਾ ।੪।

ਅਰਥ:- ਮੈਂ ਆਪਣੇ ਗੁਰੂ ਤੋਂ ਸਦਾ ਕੁਰਬਾਨ ਜਾਂਦਾ ਹਾਂ, ਜਿਸ ਦੇ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਵਾਲੇ ਸ਼ਬਦ ਵਿਚ ਜੁੜਿਆਂ ਵਿਚਾਰਵਾਨ ਹੋ ਜਾਈਦਾ ਹੈ, ਤੇ, ਸਦਾ ਆਤਮਕ ਆਨੰਦ ਮਿਲਿਆ ਰਹਿੰਦਾ ਹੈ ।੧।ਰਹਾਉ।

(ਹੇ ਭਾਈ! ਗੁਰੂ ਦੀ ਸਰਨ ਪੈ ਕੇ ਜਿਸ ਮਨੁੱਖ ਦੀ) ਜੀਭ ਪਰਮਾਤਮਾ ਦੇ ਨਾਮ ਦੇ ਸੁਆਦ ਵਿਚ ਲੱਗਦੀ ਹੈ, ਉਹ ਮਨੁੱਖ ਆਤਮਕ ਅਡੋਲਤਾ ਵਿਚ ਟਿਕ ਜਾਂਦਾ ਹੈ, ਪ੍ਰਭੂ-ਪ੍ਰੇਮ ਵਿਚ ਜੁੜ ਜਾਂਦਾ ਹੈ । ਪਰਮਾਤਮਾ ਦਾ ਨਾਮ ਸਿਮਰ ਕੇ ਉਸ ਦਾ ਮਨ (ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜ ਜਾਂਦਾ ਹੈ ।੧।

(ਹੇ ਭਾਈ! ਗੁਰੂ ਦੀ ਸਰਨ ਦੀ ਬਰਕਤਿ ਨਾਲ) ਇਕ ਪਰਮਾਤਮਾ ਵਿਚ ਸੁਰਤਿ ਜੋੜ ਕੇ ਮਨੁੱਖ ਦੀਆਂ ਅੱਖਾਂ (ਪਰਾਏ ਰੂਪ ਵਲੋਂ) ਰੱਜ ਜਾਂਦੀਆਂ ਹਨ, (ਅੰਦਰੋਂ) ਮਾਇਆ ਦਾ ਪਿਆਰ ਦੂਰ ਕਰ ਕੇ ਮਨੁੱਖ ਦਾ ਮਨ (ਤ੍ਰਿਸ਼ਨਾ ਵਲੋਂ) ਰੱਜ ਜਾਂਦਾ ਹੈ ।੨।

(ਹੇ ਭਾਈ! ਗੁਰੂ ਦੇ) ਸ਼ਬਦ ਦੀ ਬਰਕਤਿ ਨਾਲ ਪਰਮਾਤਮਾ ਦੇ ਨਾਮ ਵਿਚ ਜੁੜਿਆਂ ਸਰੀਰ ਵਿਚ ਆਨੰਦ ਪੈਦਾ ਹੁੰਦਾ ਹੈ, (ਗੁਰੂ ਦੀ ਮੇਹਰ ਨਾਲ) ਆਤਮਕ ਜੀਵਨ ਦੀ ਸੁਗੰਧੀ ਦੇਣ ਵਾਲਾ ਹਰਿ-ਨਾਮ ਮਨੁੱਖ ਦੇ ਹਿਰਦੇ ਵਿਚ ਸਦਾ ਟਿਕਿਆ ਰਹਿੰਦਾ ਹੈ ।੩।

ਹੇ ਨਾਨਕ! ਜਿਸ ਮਨੁੱਖ ਦੇ ਮੱਥੇ ਉਤੇ ਉੱਚੀ ਕਿਸਮਤਿ ਜਾਗਦੀ ਹੈ ਉਹ ਮਨੁੱਖ ਗੁਰੂ ਦੀ ਬਾਣੀ ਵਿਚ ਜੁੜਦਾ ਹੈ (ਜਿਸ ਦੀ ਬਰਕਤਿ ਨਾਲ ਉਸ ਦੇ ਅੰਦਰ) ਆਤਮਕ ਅਡੋਲਤਾ ਪੈਦਾ ਕਰਨ ਵਾਲਾ ਵੈਰਾਗ ਉਪਜਦਾ ਹੈ ।੪।੭।

ਵਡਹੰਸੁ ਮਹਲਾ ੩ ॥ ਪੂਰੇ ਗੁਰ ਤੇ ਨਾਮੁ ਪਾਇਆ ਜਾਇ ॥ ਸਚੈ ਸਬਦਿ ਸਚਿ ਸਮਾਇ ॥੧॥ ਏ ਮਨ ਨਾਮੁ ਨਿਧਾਨੁ ਤੂ ਪਾਇ ॥ ਆਪਣੇ ਗੁਰ ਕੀ ਮੰਨਿ ਲੈ ਰਜਾਇ ॥੧॥ ਰਹਾਉ ॥ ਗੁਰ ਕੈ ਸਬਦਿ ਵਿਚਹੁ ਮੈਲੁ ਗਵਾਇ ॥ ਨਿਰਮਲੁ ਨਾਮੁ ਵਸੈ ਮਨਿ ਆਇ ॥੨॥ ਭਰਮੇ ਭੂਲਾ ਫਿਰੈ ਸੰਸਾਰੁ ॥ ਮਰਿ ਜਨਮੈ ਜਮੁ ਕਰੇ ਖੁਆਰੁ ॥੩॥ ਨਾਨਕ ਸੇ ਵਡਭਾਗੀ ਜਿਨ ਹਰਿ ਨਾਮੁ ਧਿਆਇਆ ॥ ਗੁਰ ਪਰਸਾਦੀ ਮੰਨਿ ਵਸਾਇਆ ॥੪॥੮॥ {ਪੰਨਾ 560}

ਪਦਅਰਥ:- ਤੇ—ਤੋਂ, ਪਾਸੋਂ । ਪਾਇਆ ਜਾਇ—ਮਿਲ ਸਕਦਾ ਹੈ । ਸਚੈ ਸਬਦਿ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਵਾਲੇ ਗੁਰ-ਸ਼ਬਦ ਵਿਚ । ਸਚਿ—ਸਦਾ-ਥਿਰ ਪ੍ਰਭੂ ਵਿਚ ।੧।

ਨਿਧਾਨੁ—ਖ਼ਜ਼ਾਨਾ । ਪਾਇ—ਪ੍ਰਾਪਤ ਕਰ । ਰਜਾਇ—ਹੁਕਮ ।੧।ਰਹਾਉ।

ਸਬਦਿ—ਸ਼ਬਦ ਵਿਚ । ਗਵਾਇ—ਦੂਰ ਕਰ ਲੈਂਦਾ ਹੈ । ਨਿਰਮਲ—ਪਵਿਤ੍ਰ । ਮਨਿ—ਮਨ ਵਿਚ ।੨।

ਭਰਮੇ—ਭਟਕਣਾ ਵਿਚ । ਭੂਲਾ—ਕੁਰਾਹੇ ਪਿਆ ਹੋਇਆ । ਮਰਿ ਜਨਮੈ—(ਮੁੜ ਮੁੜ) ਮਰਦਾ ਜੰਮਦਾ ਹੈ ।੩।

ਸੇ—ਉਹ ਮਨੁੱਖ {ਬਹੁ-ਵਚਨ} । ਪਰਸਾਦੀ—ਪਰਸਾਦਿ, ਕਿਰਪਾ ਨਾਲ । ਮੰਨਿ—ਮਨਿ, ਮਨ ਵਿਚ ।੪।

ਅਰਥ:- ਹੇ ਮੇਰੇ ਮਨ! ਤੂੰ ਆਪਣੇ ਗੁਰੂ ਦੇ ਹੁਕਮ ਵਿਚ ਤੁਰ, (ਤੇ, ਗੁਰੂ ਪਾਸੋਂ) ਨਾਮ-ਖ਼ਜ਼ਾਨਾ ਹਾਸਲ ਕਰ ।੧।

ਹੇ ਭਾਈ! ਪੂਰੇ ਗੁਰੂ ਪਾਸੋਂ (ਹੀ) ਪਰਮਾਤਮਾ ਦਾ ਨਾਮ (-ਖ਼ਜ਼ਾਨਾ) ਮਿਲ ਸਕਦਾ ਹੈ, (ਜੇਹੜਾ ਮਨੁੱਖ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਵਾਲੇ ਗੁਰ-ਸ਼ਬਦ ਵਿਚ ਜੁੜਦਾ ਹੈ, ਉਹ) ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਲੀਨ ਹੋ ਜਾਂਦਾ ਹੈ ।੧।ਰਹਾਉ।

(ਹੇ ਭਾਈ! ਜੇਹੜਾ ਮਨੁੱਖ) ਗੁਰ ਦੇ ਸ਼ਬਦ ਵਿਚ (ਜੁੜਦਾ ਹੈ, ਉਹ ਆਪਣੇ) ਅੰਦਰੋਂ (ਵਿਕਾਰਾਂ ਦੀ) ਮੈਲ ਦੂਰ ਕਰ ਲੈਂਦਾ ਹੈ, ਪਰਮਾਤਮਾ ਦਾ ਪਵਿਤ੍ਰ ਨਾਮ (ਉਸ ਦੇ) ਮਨ ਵਿਚ ਆ ਵੱਸਦਾ ਹੈ ।੨।

(ਹੇ ਭਾਈ! ਗੁਰੂ ਤੋਂ ਖੁੰਝ ਕੇ) ਜਗਤ ਭਟਕਣਾ ਦੇ ਕਾਰਨ (ਜੀਵਨ ਦੇ ਸਹੀ ਰਸਤੇ ਤੋਂ) ਭੁੱਲਿਆ ਫਿਰਦਾ ਹੈ, ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ, ਜਮ-ਰਾਜ ਸਦਾ ਇਸ ਨੂੰ ਖ਼ੁਆਰ ਕਰਦਾ ਹੈ ।੩।

ਹੇ ਨਾਨਕ! ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦਾ ਨਾਮ ਸਿਮਰਨਾ ਸ਼ੁਰੂ ਕੀਤਾ, ਪਰਮਾਤਮਾ ਦਾ ਨਾਮ ਆਪਣੇ ਮਨ ਵਿਚ ਵਸਾਇਆ, ਉਹ ਭਾਗਾਂ ਵਾਲੇ ਬਣ ਗਏ ।੪।੮।

ਵਡਹੰਸੁ ਮਹਲਾ ੩ ॥ ਹਉਮੈ ਨਾਵੈ ਨਾਲਿ ਵਿਰੋਧੁ ਹੈ ਦੁਇ ਨ ਵਸਹਿ ਇਕ ਠਾਇ ॥ ਹਉਮੈ ਵਿਚਿ ਸੇਵਾ ਨ ਹੋਵਈ ਤਾ ਮਨੁ ਬਿਰਥਾ ਜਾਇ ॥੧॥ ਹਰਿ ਚੇਤਿ ਮਨ ਮੇਰੇ ਤੂ ਗੁਰ ਕਾ ਸਬਦੁ ਕਮਾਇ ॥ ਹੁਕਮੁ ਮੰਨਹਿ ਤਾ ਹਰਿ ਮਿਲੈ ਤਾ ਵਿਚਹੁ ਹਉਮੈ ਜਾਇ ॥ ਰਹਾਉ ॥ ਹਉਮੈ ਸਭੁ ਸਰੀਰੁ ਹੈ ਹਉਮੈ ਓਪਤਿ ਹੋਇ ॥ ਹਉਮੈ ਵਡਾ ਗੁਬਾਰੁ ਹੈ ਹਉਮੈ ਵਿਚਿ ਬੁਝਿ ਨ ਸਕੈ ਕੋਇ ॥੨॥ ਹਉਮੈ ਵਿਚਿ ਭਗਤਿ ਨ ਹੋਵਈ ਹੁਕਮੁ ਨ ਬੁਝਿਆ ਜਾਇ ॥ ਹਉਮੈ ਵਿਚਿ ਜੀਉ ਬੰਧੁ ਹੈ ਨਾਮੁ ਨ ਵਸੈ ਮਨਿ ਆਇ ॥੩॥ ਨਾਨਕ ਸਤਗੁਰਿ ਮਿਲਿਐ ਹਉਮੈ ਗਈ ਤਾ ਸਚੁ ਵਸਿਆ ਮਨਿ ਆਇ ॥ ਸਚੁ ਕਮਾਵੈ ਸਚਿ ਰਹੈ ਸਚੇ ਸੇਵਿ ਸਮਾਇ ॥੪॥੯॥੧੨॥ {ਪੰਨਾ 560}

ਪਦਅਰਥ:- ਨਾਵੈ ਨਾਲਿ—ਨਾਮ ਨਾਲ । ਵਿਰੋਧੁ—ਵੈਰ । ਦੁਇ—ਇਹ ਦੋਵੇਂ । ਇਕ ਠਾਇ—ਇੱਕ ਥਾਂ ਵਿਚ, ਹਿਰਦੇ ਵਿਚ । ਤਾ—ਤਦੋਂ । ਬਿਰਥਾ—ਖ਼ਾਲੀ ।੧।

ਚੇਤਿ—ਸਿਮਰਦਾ ਰਹੁ । ਮਨ—ਹੇ ਮਨ! ਰਹਾਉ।

ਸਭੁ—ਸਾਰਾ । ਓਪਤਿ—ਉਤਪੱਤੀ, ਜਨਮ-ਮਰਨ ਦਾ ਗੇੜ । ਗੁਬਾਰੁ—ਘੁੱਪ ਹਨੇਰਾ ।੨।

ਜੀਉ—ਜੀਵਾਤਮਾ (ਵਾਸਤੇ) । ਬੰਧੁ—ਬੰਨ੍ਹ, ਰੁਕਾਵਟ । ਮਨਿ—ਮਨ ਵਿਚ ।੩।

ਸਤਗੁਰਿ ਮਿਲਿਐ—ਜੇ ਗੁਰੂ ਮਿਲ ਪਏ । ਸਚੁ—ਸਦਾ-ਥਿਰ ਪ੍ਰਭੂ । ਸਚਿ—ਸਦਾ-ਥਿਰ ਪ੍ਰਭੂ ਵਿਚ । ਸੇਵਿ—ਸੇਵਾ-ਭਗਤੀ ਕਰ ਕੇ ।੪।

ਅਰਥ:- ਹੇ ਮੇਰੇ ਮਨ! ਤੂੰ (ਆਪਣੇ ਅੰਦਰ) ਗੁਰੂ ਦਾ ਸ਼ਬਦ ਵਸਾਣ ਦੀ ਕਮਾਈ ਕਰ ਅਤੇ ਪਰਮਾਤਮਾ ਦਾ ਨਾਮ ਸਿਮਰਦਾ ਰਹੁ । ਜੇ ਤੂੰ (ਗੁਰੂ ਦਾ) ਹੁਕਮ ਮੰਨੇਂਗਾ, ਤਾਂ ਤੈਨੂੰ ਪਰਮਾਤਮਾ ਮਿਲ ਪਵੇਗਾ, ਤਾਂ ਤੇਰੇ ਅੰਦਰੋਂ ਹਉਮੈ ਦੂਰ ਹੋ ਜਾਇਗੀ ।੧।ਰਹਾਉ।

ਹੇ ਭਾਈ! ਹਉਮੈ ਦਾ ਪਰਮਾਤਮਾ ਦੇ ਨਾਮ ਨਾਲ ਵੈਰ ਹੈ, ਇਹ ਦੋਵੇਂ ਇਕੱਠੇ (ਹਿਰਦੇ ਵਿਚ) ਨਹੀਂ ਵੱਸ ਸਕਦੇ । ਹਉਮੈ ਵਿਚ ਟਿਕੇ ਰਿਹਾਂ ਪਰਮਾਤਮਾ ਦੀ ਸੇਵਾ-ਭਗਤੀ ਨਹੀਂ ਹੋ ਸਕਦੀ (ਜਦੋਂ ਮਨੁੱਖ ਹਉਮੈ ਵਿਚ ਟਿਕਿਆ ਰਹਿ ਕੇ ਭਗਤੀ ਕਰਦਾ ਹੈ ਤਦੋਂ (ਉਸ ਦਾ) ਮਨ ਖ਼ਾਲੀ ਹੋ ਜਾਂਦਾ ਹੈ ।੧।

ਹੇ ਭਾਈ! ਸਰੀਰ (ਧਾਰਨ ਦਾ ਇਹ) ਸਾਰਾ (ਸਿਲਸਿਲਾ) ਹਉਮੈ ਦੇ ਕਾਰਨ ਹੀ ਹੈ, ਹਉਮੈ ਦੇ ਕਾਰਨ ਜਨਮ-ਮਰਨ ਦਾ ਗੇੜ ਬਣਿਆ ਰਹਿੰਦਾ ਹੈ । (ਮਨੁੱਖ ਦੇ ਆਤਮਕ ਜੀਵਨ ਦੇ ਰਸਤੇ ਵਿਚ) ਹਉਮੈ ਬੜਾ ਘੁੱਪ ਹਨੇਰਾ ਹੈ, ਹਉਮੈ (ਦੇ ਘੁੱਪ ਹਨੇਰੇ ਵਿਚ) ਕੋਈ ਮਨੁੱਖ (ਆਤਮਕ ਜੀਵਨ ਦਾ ਰਸਤਾ) ਸਮਝ ਨਹੀਂ ਸਕਦਾ ।੨।

ਹੇ ਭਾਈ! ਹਉਮੈ (ਦੇ ਘੁੱਪ ਹਨੇਰੇ) ਵਿਚ ਪਰਮਾਤਮਾ ਦੀ ਭਗਤੀ ਨਹੀਂ ਹੋ ਸਕਦੀ, ਪਰਮਾਤਮਾ ਦੀ ਰਜ਼ਾ ਸਮਝੀ ਨਹੀਂ ਜਾ ਸਕਦੀ, ਹਉਮੈ (ਦੇ ਘੁੱਪ ਹਨੇਰੇ ਵਿਚ) ਜੀਵਾਤਮਾ ਵਾਸਤੇ (ਆਤਮਕ ਜੀਵਨ ਦੇ ਰਾਹ ਵਿਚ) ਰੋਕ ਬਣੀ ਰਹਿੰਦੀ ਹੈ, ਪਰਮਾਤਮਾ ਦਾ ਨਾਮ ਮਨੁੱਖ ਦੇ ਮਨ ਵਿਚ ਆ ਕੇ ਨਹੀਂ ਵੱਸ

ਸਕਦਾ ।੩।

(ਪਰ) ਹੇ ਨਾਨਕ! ਜੇ ਗੁਰੂ ਮਿਲ ਪਏ ਤਾਂ (ਮਨੁੱਖ ਦੇ ਅੰਦਰੋਂ) ਹਉਮੈ ਦੂਰ ਹੋ ਜਾਂਦੀ ਹੈ, ਤਦੋਂ ਸਦਾ-ਥਿਰ ਪ੍ਰਭੂ ਮਨੁੱਖ ਦੇ ਮਨ ਵਿਚ ਆ ਵੱਸਦਾ ਹੈ, ਤਦੋਂ ਮਨੁੱਖ ਸਦਾ-ਥਿਰ ਹਰਿ-ਨਾਮ ਸਿਮਰਨ ਦੀ ਕਮਾਈ ਕਰਦਾ ਹੈ, ਸਦਾ-ਥਿਰ ਹਰਿ-ਨਾਮ ਵਿਚ ਟਿਕਿਆ ਰਹਿੰਦਾ ਹੈ, ਸੇਵਾ-ਭਗਤੀ ਕਰ ਕੇ ਸਦਾ-ਥਿਰ ਹਰੀ ਵਿਚ ਲੀਨ ਹੋ ਜਾਂਦਾ ਹੈ ।੪।੯।

ਵਡਹੰਸੁ ਮਹਲਾ ੪ ਘਰੁ ੧ ੴ ਸਤਿਗੁਰ ਪ੍ਰਸਾਦਿ ॥ ਸੇਜ ਏਕ ਏਕੋ ਪ੍ਰਭੁ ਠਾਕੁਰੁ ॥ ਗੁਰਮੁਖਿ ਹਰਿ ਰਾਵੇ ਸੁਖ ਸਾਗਰੁ ॥੧॥ ਮੈ ਪ੍ਰਭ ਮਿਲਣ ਪ੍ਰੇਮ ਮਨਿ ਆਸਾ ॥ ਗੁਰੁ ਪੂਰਾ ਮੇਲਾਵੈ ਮੇਰਾ ਪ੍ਰੀਤਮੁ ਹਉ ਵਾਰਿ ਵਾਰਿ ਆਪਣੇ ਗੁਰੂ ਕਉ ਜਾਸਾ ॥੧॥ ਰਹਾਉ ॥ ਮੈ ਅਵਗਣ ਭਰਪੂਰਿ ਸਰੀਰੇ ॥ ਹਉ ਕਿਉ ਕਰਿ ਮਿਲਾ ਅਪਣੇ ਪ੍ਰੀਤਮ ਪੂਰੇ ॥੨॥ ਜਿਨਿ ਗੁਣਵੰਤੀ ਮੇਰਾ ਪ੍ਰੀਤਮੁ ਪਾਇਆ ॥ ਸੇ ਮੈ ਗੁਣ ਨਾਹੀ ਹਉ ਕਿਉ ਮਿਲਾ ਮੇਰੀ ਮਾਇਆ ॥੩॥ ਹਉ ਕਰਿ ਕਰਿ ਥਾਕਾ ਉਪਾਵ ਬਹੁਤੇਰੇ ॥ ਨਾਨਕ ਗਰੀਬ ਰਾਖਹੁ ਹਰਿ ਮੇਰੇ ॥੪॥੧॥ {ਪੰਨਾ 560-461}

ਪਦਅਰਥ:- ਠਾਕੁਰੁ—ਮਾਲਕ । ਰਾਵੈ—ਹਿਰਦੇ ਵਿਚ ਵਸਾਈ ਰੱਖਦਾ ਹੈ, ਆਤਮਕ ਮਿਲਾਪ ਮਾਣਦਾ ਹੈ । ਸੁਖ ਸਾਗਰ—ਸੁਖਾਂ ਦਾ ਸਮੁੰਦਰ ਪ੍ਰਭੂ ।੧।

ਪ੍ਰੇਮ—ਖਿਚ । ਮਨਿ—ਮਨ ਵਿਚ । ਹਉ—ਮੈਂ । ਵਾਰਿ ਵਾਰਿ ਜਾਸਾ—ਕੁਰਬਾਨ ਜਾਵਾਂਗਾ ।੧।ਰਹਾਉ।

ਕਿਉ ਕਰਿ—ਕਿਸ ਤਰ੍ਹਾਂ? ਕਿਵੇਂ? ।੨।

ਜਿਨਿ—ਜਿਸ ਨੇ । ਸੇ ਗੁਣ—{ਬਹੁ-ਵਚਨ} ਉਹ ਗੁਣ । ਮੈ—ਮੇਰੇ ਵਿਚ । ਮਾਇਆ—ਹੇ ਮਾਂ! ।੩।

ਉਪਾਵ—{ਲਫ਼ਜ਼ 'ਉਪਾਉ' ਤੋਂ ਬਹੁ-ਵਚਨ} ।੪।

ਅਰਥ:- (ਹੇ ਮੇਰੀ ਮਾਂ!) ਮੇਰੇ ਮਨ ਵਿਚ ਪ੍ਰਭੂ ਨੂੰ ਮਿਲਣ ਲਈ ਖਿੱਚ ਹੈ ਆਸ ਹੈ । ਪੂਰਾ ਗੁਰੂ ਹੀ (ਮੈਨੂੰ) ਮੇਰਾ ਪ੍ਰੀਤਮ (ਪ੍ਰਭੂ) ਮਿਲਾ ਸਕਦਾ ਹੈ (ਇਸ ਵਾਸਤੇ) ਮੈਂ ਆਪਣੇ ਗੁਰੂ ਤੋਂ ਕੁਰਬਾਨ ਜਾਵਾਂਗਾ, ਕੁਰਬਾਨ ਜਾਵਾਂਗਾ ।੧।ਰਹਾਉ।

(ਹੇ ਮਾਂ! ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਦਾ ਹਿਰਦਾ) ਇਕ (ਐਸੀ) ਸੇਜ ਹੈ (ਜਿਸ ਉੱਤੇ) ਠਾਕੁਰ ਪ੍ਰਭੂ ਹੀ (ਸਦਾ ਵੱਸਦਾ ਰਹਿੰਦਾ ਹੈ) । ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਸੁਖਾਂ ਦੇ ਸਮੁੰਦਰ ਹਰੀ ਨੂੰ (ਸਦਾ) ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹੈ ।੧।

(ਹੇ ਮਾਂ!) ਮੇਰੇ ਸਰੀਰ ਵਿਚ ਔਗੁਣ ਹੀ ਔਗੁਣ ਭਰੇ ਪਏ ਹਨ । ਮੈਂ ਆਪਣੇ ਉਸ ਪ੍ਰੀਤਮ ਨੂੰ ਕਿਵੇਂ ਮਿਲ ਸਕਾਂ ਜੋ ਸਾਰੇ ਗੁਣਾਂ ਨਾਲ ਭਰਪੂਰ ਹੈ? ।੧।

ਹੇ ਮੇਰੀ ਮਾਂ! ਜਿਸ ਗੁਣਾਂ ਵਾਲੀ (ਵਡ-ਭਾਗਣ ਜੀਵ-ਇਸਤ੍ਰੀ) ਨੇ ਪ੍ਰੀਤਮ ਪ੍ਰਭੂ ਨੂੰ ਲੱਭ ਲਿਆ (ਉਸ ਤਾਂ ਲੱਭਾ ਗੁਣਾਂ ਦੀ ਬਰਕਤਿ ਨਾਲ, ਪਰ) ਮੇਰੇ ਅੰਦਰ ਉਹ ਗੁਣ ਨਹੀਂ ਹਨ । ਮੈਂ ਕਿਵੇਂ ਪ੍ਰਭੂ ਨੂੰ ਮਿਲ

ਸਕਦੀ ਹਾਂ? ।੩।

(ਹੇ ਮਾਂ!) ਮੈਂ (ਪ੍ਰੀਤਮ-ਪ੍ਰਭੂ ਨੂੰ ਮਿਲਣ ਲਈ) ਅਨੇਕਾਂ ਉਪਾਵ ਕਰ ਕਰ ਕੇ ਥੱਕ ਗਿਆ ਹਾਂ (ਉਪਾਵਾਂ ਨਾਲ ਚਤੁਰਾਈਆਂ ਨਾਲ ਨਹੀਂ ਮਿਲਦਾ । ਅਰਦਾਸ ਅਰਜ਼ੋਈ ਹੀ ਮਦਦ ਕਰਦੀ ਹੈ, ਇਸ ਵਾਸਤੇ) ਹੇ ਨਾਨਕ! (ਆਖ—) ਹੇ ਮੇਰੇ ਹਰੀ! ਮੈਨੂੰ ਗਰੀਬ ਨੂੰ (ਆਪਣੇ ਚਰਨਾਂ ਵਿਚ) ਜੋੜੀ ਰੱਖ ।੪।੧।

ਵਡਹੰਸੁ ਮਹਲਾ ੪ ॥ ਮੇਰਾ ਹਰਿ ਪ੍ਰਭੁ ਸੁੰਦਰੁ ਮੈ ਸਾਰ ਨ ਜਾਣੀ ॥ ਹਉ ਹਰਿ ਪ੍ਰਭ ਛੋਡਿ ਦੂਜੈ ਲੋਭਾਣੀ ॥੧॥ ਹਉ ਕਿਉ ਕਰਿ ਪਿਰ ਕਉ ਮਿਲਉ ਇਆਣੀ ॥ ਜੋ ਪਿਰ ਭਾਵੈ ਸਾ ਸੋਹਾਗਣਿ ਸਾਈ ਪਿਰ ਕਉ ਮਿਲੈ ਸਿਆਣੀ ॥੧॥ ਰਹਾਉ ॥ ਮੈ ਵਿਚਿ ਦੋਸ ਹਉ ਕਿਉ ਕਰਿ ਪਿਰੁ ਪਾਵਾ ॥ ਤੇਰੇ ਅਨੇਕ ਪਿਆਰੇ ਹਉ ਪਿਰ ਚਿਤਿ ਨ ਆਵਾ ॥੨॥ ਜਿਨਿ ਪਿਰੁ ਰਾਵਿਆ ਸਾ ਭਲੀ ਸੁਹਾਗਣਿ ॥ ਸੇ ਮੈ ਗੁਣ ਨਾਹੀ ਹਉ ਕਿਆ ਕਰੀ ਦੁਹਾਗਣਿ ॥੩॥ ਨਿਤ ਸੁਹਾਗਣਿ ਸਦਾ ਪਿਰੁ ਰਾਵੈ ॥ ਮੈ ਕਰਮਹੀਣ ਕਬ ਹੀ ਗਲਿ ਲਾਵੈ ॥੪॥ ਤੂ ਪਿਰੁ ਗੁਣਵੰਤਾ ਹਉ ਅਉਗੁਣਿਆਰਾ ॥ ਮੈ ਨਿਰਗੁਣ ਬਖਸਿ ਨਾਨਕੁ ਵੇਚਾਰਾ ॥੫॥੨॥ {ਪੰਨਾ 561}

ਪਦਅਰਥ:- ਸਾਰ—ਕਦਰ, ਕੀਮਤ । ਹਉ—ਮੈਂ । ਛੋਡਿ—ਛੱਡ ਕੇ । ਦੂਜੈ ਲੋਭਾਣੀ—ਮਾਇਆ (ਦੇ ਮੋਹ) ਵਿਚ ।੧।

ਕਉ—ਨੂੰ । ਮਿਲਉ—ਮਿਲਉਂ, ਮੈਂ ਮਿਲਾਂ । ਇਆਣੀ—ਅੰਞਾਣ, ਮੂਰਖ । ਪਿਰ ਭਾਵੈ—ਪਿਰ ਨੂੰ ਭਾਉਂਦੀ ਹੈ । ਸਾਈ—ਉਹੀ । ਸਿਆਣੀ—ਅਕਲ ਵਾਲੀ ।੧।ਰਹਾਉ।

ਮੈ ਵਿਚਿ—ਮੇਰੇ ਅੰਦਰ । ਪਿਰ ਚਿਤਿ—ਪਿਰ ਦੇ ਚਿੱਤ ਵਿਚ, ਹੇ ਪਿਰ! ਤੇਰੇ ਚਿੱਤ ਵਿਚ । ਆਵਾ—ਆਵਾਂ ।੨।

ਜਿਨਿ—ਜਿਸ ਨੇ । ਕਰੀ—ਕਰੀਂ, ਮੈਂ ਕਰਾਂ । ਦੁਹਾਗਣਿ—ਮੰਦੇ ਭਾਗਾਂ ਵਾਲੀ ।੩।

ਰਾਵੈ—ਯਾਦ ਰੱਖਦੀ ਹੈ, ਹਿਰਦੇ ਵਿਚ ਵਸਾਈ ਰੱਖਦੀ ਹੈ । ਕਰਮਹੀਣ—ਭਾਗ-ਹੀਣ, ਬਦ-ਕਿਸਮਤ । ਗਲਿ—ਗਲ ਨਾਲ ।੪।

ਨਿਰਗੁਣ—ਗੁਣ-ਹੀਨ ।੫।

ਅਰਥ:- ਮੈਂ ਮੂਰਖ ਹਾਂ, ਮੈਂ ਪ੍ਰਭੂ-ਪਤੀ ਨੂੰ ਕਿਵੇਂ ਮਿਲ ਸਕਦੀ ਹਾਂ? ਜੇਹੜੀ (ਜੀਵ-ਇਸਤ੍ਰੀ) ਪ੍ਰਭੂ-ਪਤੀ ਨੂੰ ਪਸੰਦ ਆਉਂਦੀ ਹੈ, ਉਹ ਭਾਗਾਂ ਵਾਲੀ ਹੈ, ਉਹੀ ਅਕਲ ਵਾਲੀ ਹੈ, ਉਹੀ ਪ੍ਰਭੂ-ਪਤੀ ਨੂੰ ਮਿਲ ਸਕਦੀ ਹੈ ।੧।ਰਹਾਉ।

ਮੇਰਾ ਹਰੀ ਪ੍ਰਭੂ ਸੋਹਣਾ ਹੈ (ਪਰ) ਮੈਂ (ਉਸ ਦੇ ਸੁਹਣੱਪ ਦੀ) ਕਦਰ ਨਾਹ ਜਾਤੀ, (ਤੇ) ਮੈਂ ਉਸ ਹਰੀ ਨੂੰ ਉਸ ਪ੍ਰਭੂ ਨੂੰ ਛੱਡ ਕੇ ਮਾਇਆ ਦੇ ਮੋਹ ਵਿਚ ਹੀ ਫਸੀ ਰਹੀ ।੧।

ਮੇਰੇ ਅੰਦਰ (ਅਨੇਕਾਂ) ਐਬ ਹਨ (ਜਿਨ੍ਹਾਂ ਕਰ ਕੇ) ਮੈਂ ਪ੍ਰਭੂ-ਪਤੀ ਨੂੰ ਮਿਲ ਨਹੀਂ ਸਕਦੀ । ਹੇ ਪ੍ਰਭੂ-ਪਤੀ! ਤੇਰੇ ਨਾਲ ਪਿਆਰ ਕਰਨ ਵਾਲੇ ਅਨੇਕਾਂ ਹੀ ਹਨ, ਮੈਂ ਤੇਰੇ ਚਿੱਤ ਵਿਚ ਨਹੀਂ ਆ ਸਕਦੀ ।੨।

ਜਿਸ ਜੀਵ-ਇਸਤ੍ਰੀ ਨੇ ਪ੍ਰਭੂ-ਪਤੀ ਨੂੰ ਹਿਰਦੇ ਵਿਚ ਵਸਾ ਲਿਆ, ਉਹ ਨੇਕ ਹੈ, ਉਹ ਭਾਗਾਂ ਵਾਲੀ ਹੈ, ਉਸ ਸੁਹਾਗਣ ਵਾਲੇ ਗੁਣ ਮੇਰੇ ਅੰਦਰ ਨਹੀਂ ਹਨ । ਮੈਂ ਛੁੱਟੜ (ਪ੍ਰਭੂ-ਪਤੀ ਨੂੰ ਮਿਲਣ ਲਈ) ਕੀਹ ਕਰ ਸਕਦੀ ਹਾਂ? ।੩।

ਜੇਹੜੀ ਜੀਵ-ਇਸਤ੍ਰੀ ਸਦਾ ਪ੍ਰਭੂ-ਪਤੀ ਨੂੰ ਹਿਰਦੇ ਵਿਚ ਵਸਾਈ ਰੱਖਦੀ ਹੈ ਉਹ ਸਦਾ ਭਾਗਾਂ ਵਾਲੀ ਹੈ । ਮੇਰੇ ਵਰਗੀ ਮੰਦ-ਭਾਗਣ ਨੂੰ ਉਹ ਕਦੇ (ਕਿਸਮਤ ਨਾਲ) ਹੀ ਆਪਣੇ ਗਲ ਨਾਲ ਲਾਂਦਾ ਹੈ ।੪।

ਹੇ ਪ੍ਰਭੂ-ਪਤੀ! ਤੂੰ ਗੁਣਾਂ ਨਾਲ ਭਰਪੂਰ ਹੈਂ, ਪਰ ਮੈਂ ਅਉਗਣਾਂ ਨਾਲ ਭਰਿਆ ਹੋਇਆ ਹਾਂ । (ਤੇਰੇ ਦਰ ਤੇ ਹੀ ਅਰਦਾਸ ਹੈ—) ਮੈਨੂੰ ਗੁਣ-ਹੀਨ ਨਿਮਾਣੇ ਨਾਨਕ ਨੂੰ ਬਖ਼ਸ਼ ਲੈ (ਤੇ, ਆਪਣੇ ਨਾਮ ਦੀ ਦਾਤਿ ਦੇਹ ।੫।੨।

ਵਡਹੰਸੁ ਮਹਲਾ ੪ ਘਰੁ ੨ ੴ ਸਤਿਗੁਰ ਪ੍ਰਸਾਦਿ ॥ ਮੈ ਮਨਿ ਵਡੀ ਆਸ ਹਰੇ ਕਿਉ ਕਰਿ ਹਰਿ ਦਰਸਨੁ ਪਾਵਾ ॥ ਹਉ ਜਾਇ ਪੁਛਾ ਅਪਨੇ ਸਤਗੁਰੈ ਗੁਰ ਪੁਛਿ ਮਨੁ ਮੁਗਧੁ ਸਮਝਾਵਾ ॥ ਭੁਲਾ ਮਨੁ ਸਮਝੈ ਗੁਰ ਸਬਦੀ ਹਰਿ ਹਰਿ ਸਦਾ ਧਿਆਏ ॥ ਨਾਨਕ ਜਿਸੁ ਨਦਰਿ ਕਰੇ ਮੇਰਾ ਪਿਆਰਾ ਸੋ ਹਰਿ ਚਰਣੀ ਚਿਤੁ ਲਾਏ ॥੧॥ {ਪੰਨਾ 561}

ਪਦਅਰਥ:- ਮੈ ਮਨਿ—ਮੇਰੇ ਮਨ ਵਿਚ । ਹਰੇ—ਹੇ ਹਰੀ! ਪਾਵਾ—ਪਾਵਾਂ, ਮੈਂ ਪਾ ਲਵਾਂ । ਪੁਛਾ—ਪੁਛਾਂ, ਮੈਂ ਪੁੱਛਦੀ ਹਾਂ । ਜਾਇ—ਜਾ ਕੇ । ਸਤਗੁਰੈ—ਗੁਰੂ ਨੂੰ । ਪੁਛਿ—ਪੁੱਛ ਕੇ । ਮੁਗਧੁ—ਮੂਰਖ । ਸਮਝਾਵਾ—ਸਮਝਾਵਾਂ, ਮੈਂ ਸਮਝਾਂਦੀ ਹਾਂ ।੧।

ਅਰਥ:- ਮੇਰੇ ਮਨ ਵਿਚ ਬੜੀ ਤਾਂਘ ਹੈ ਕਿ ਮੈਂ ਕਿਸੇ ਨ ਕਿਸੇ ਤਰ੍ਹਾਂ, ਹੇ ਹਰੀ! ਤੇਰਾ ਦਰਸਨ ਕਰ ਸਕਾਂ । (ਇਸ ਵਾਸਤੇ) ਮੈਂ ਆਪਣੇ ਗੁਰੂ ਪਾਸ ਜਾ ਕੇ ਗੁਰੂ ਪਾਸੋਂ ਪੁੱਛਦੀ ਹਾਂ, ਤੇ, ਗੁਰੂ ਨੂੰ ਪੁੱਛ ਕੇ ਆਪਣੇ ਮੂਰਖ ਮਨ ਨੂੰ ਸਿੱਖਿਆ ਦੇਂਦੀ ਰਹਿੰਦੀ ਹਾਂ । ਕੁਰਾਹੇ ਪਿਆ ਹੋਇਆ ਮਨ ਗੁਰੂ ਦੇ ਸ਼ਬਦ ਵਿਚ ਜੁੜ ਕੇ ਹੀ ਅਕਲ ਸਿੱਖਦਾ ਹੈ, ਤੇ ਫਿਰ ਉਹ ਸਦਾ ਪਰਮਾਤਮਾ ਦਾ ਨਾਮ ਯਾਦ ਕਰਦਾ ਰਹਿੰਦਾ ਹੈ । ਹੇ ਨਾਨਕ! ਜਿਸ ਮਨੁੱਖ ਉਤੇ ਮੇਰਾ ਪਿਆਰਾ ਪ੍ਰਭੂ ਮੇਹਰ ਦੀ ਨਜ਼ਰ ਕਰਦਾ ਹੈ, ਉਹ ਪ੍ਰਭੂ ਦੇ ਚਰਨਾਂ ਵਿਚ ਆਪਣਾ ਚਿੱਤ ਜੋੜੀ ਰੱਖਦਾ ਹੈ ।੧।

ਹਉ ਸਭਿ ਵੇਸ ਕਰੀ ਪਿਰ ਕਾਰਣਿ ਜੇ ਹਰਿ ਪ੍ਰਭ ਸਾਚੇ ਭਾਵਾ ॥ ਸੋ ਪਿਰੁ ਪਿਆਰਾ ਮੈ ਨਦਰਿ ਨ ਦੇਖੈ ਹਉ ਕਿਉ ਕਰਿ ਧੀਰਜੁ ਪਾਵਾ ॥ ਜਿਸੁ ਕਾਰਣਿ ਹਉ ਸੀਗਾਰੁ ਸੀਗਾਰੀ ਸੋ ਪਿਰੁ ਰਤਾ ਮੇਰਾ ਅਵਰਾ ॥ ਨਾਨਕ ਧਨੁ ਧੰਨੁ ਧੰਨੁ ਸੋਹਾਗਣਿ ਜਿਨਿ ਪਿਰੁ ਰਾਵਿਅੜਾ ਸਚੁ ਸਵਰਾ ॥੨॥ {ਪੰਨਾ 561}

ਪਦਅਰਥ:- ਸਭਿ—ਸਾਰੇ । ਕਰੀ—ਕਰੀਂ, ਮੈਂ ਕਰਦੀ ਹਾਂ । ਪਿਰ ਕਾਰਣਿ—ਪਤੀ ਨੂੰ ਮਿਲਣ ਵਾਸਤੇ । ਜੇ—ਤਾ ਕਿ, ਭਲਾ ਜਿ । ਭਾਵਾ—ਭਾਵਾਂ, ਮੈਂ ਪਸੰਦ ਆ ਜਾਵਾਂ । ਧੀਰਜੁ—ਸ਼ਾਂਤੀ । ਸੀਗਾਰੀ—ਸੀਗਾਰੀਂ, ਮੈਂ ਸਿੰਗਾਰਦੀ ਹਾਂ । ਅਵਰਾ—ਹੋਰਨਾਂ ਵਿਚ । ਧਨੁ—ਸਲਾਹੁਣ-ਜੋਗ । ਜਿਨਿ—ਜਿਸ ਨੇ । ਸਚੁ—ਸਦਾ ਕਾਇਮ ਰਹਿਣ ਵਾਲਾ । ਸਵਰਾ— ਸੰਵਰਾ, ਸੋਹਣਾ ।੨।

ਅਰਥ:- ਮੈਂ ਪ੍ਰਭੂ-ਪਤੀ ਮਿਲਣ ਦੀ ਖ਼ਾਤਰ ਸਾਰੇ ਵੇਸ (ਧਾਰਮਿਕ ਪਹਿਰਾਵੇ ਆਦਿਕ) ਕਰਦੀ ਹਾਂ, ਤਾਂ ਕਿ ਮੈਂ ਉਸ ਸਦਾ ਕਾਇਮ ਰਹਿਣ ਵਾਲੇ ਹਰੀ ਪ੍ਰਭੂ ਨੂੰ ਪਸੰਦ ਆ ਜਾਵਾਂ । ਪਰ ਉਹ ਪਿਆਰਾ ਪ੍ਰਭੂ

ਮੇਰੇ ਵਲ (ਮੇਰੇ ਇਹਨਾਂ ਵੇਸਾਂ ਵਲ) ਨਿਗਾਹ ਕਰ ਕੇ ਭੀ ਨਹੀਂ ਤੱਕਦਾ, (ਤਾਂ ਫਿਰ ਇਹਨਾਂ ਬਾਹਰਲੇ ਵੇਸਾਂ ਨਾਲ) ਮੈਂ ਕਿਵੇਂ ਸ਼ਾਂਤੀ ਹਾਸਲ ਕਰ ਸਕਦੀ ਹਾਂ? ਜਿਸ ਪ੍ਰਭੂ-ਪਤੀ ਦੀ ਖ਼ਾਤਰ ਮੈਂ (ਇਹ ਬਾਹਰਲਾ) ਸਿੰਗਾਰ ਕਰਦੀ ਹਾਂ, ਮੇਰਾ ਉਹ ਪ੍ਰਭੂ-ਪਤੀ ਤਾਂ ਹੋਰਨਾਂ (ਅੰਦਰਲੇ ਆਤਮਕ ਸੁਹਜਾਂ) ਵਿਚ ਪ੍ਰਸੰਨ ਹੁੰਦਾ ਹੈ । ਹੇ ਨਾਨਕ! (ਆਖ-) ਉਹ ਜੀਵ-ਇਸਤ੍ਰੀ ਸਲਾਹੁਣ-ਜੋਗ ਹੈ, ਭਾਗਾਂ ਵਾਲੀ ਹੈ ਜਿਸ ਨੇ ਉਸ ਸਦਾ ਕਾਇਮ ਰਹਿਣ ਵਾਲੇ ਸੁੰਦਰ ਪ੍ਰਭੂ-ਪਤੀ ਨੂੰ ਆਪਣੇ ਹਿਰਦੇ ਵਿਚ ਵਸਾ ਲਿਆ ਹੈ ।੨।

ਹਉ ਜਾਇ ਪੁਛਾ ਸੋਹਾਗ ਸੁਹਾਗਣਿ ਤੁਸੀ ਕਿਉ ਪਿਰੁ ਪਾਇਅੜਾ ਪ੍ਰਭੁ ਮੇਰਾ ॥ ਮੈ ਊਪਰਿ ਨਦਰਿ ਕਰੀ ਪਿਰਿ ਸਾਚੈ ਮੈ ਛੋਡਿਅੜਾ ਮੇਰਾ ਤੇਰਾ ॥ ਸਭੁ ਮਨੁ ਤਨੁ ਜੀਉ ਕਰਹੁ ਹਰਿ ਪ੍ਰਭ ਕਾ ਇਤੁ ਮਾਰਗਿ ਭੈਣੇ ਮਿਲੀਐ ॥ ਆਪਨੜਾ ਪ੍ਰਭੁ ਨਦਰਿ ਕਰਿ ਦੇਖੈ ਨਾਨਕ ਜੋਤਿ ਜੋਤੀ ਰਲੀਐ ॥੩॥ {ਪੰਨਾ 561}

ਪਦਅਰਥ:- ਪੁਛਾ—ਪੁਛਾਂ, ਮੈਂ ਪੁੱਛਦੀ ਹਾਂ । ਜਾਇ—ਜਾ ਕੇ । ਸੋਹਾਗ ਸੁਹਗਣਿ—ਪ੍ਰਭੂ-ਖਸਮ ਦੀ ਪਿਆਰੀ ਨੂੰ । ਕਿਉ—ਕਿਵੇਂ? ਪਿਰਿ ਸਾਚੈ—ਸਦਾ ਕਾਇਮ ਰਹਿਣ ਵਾਲੇ ਪਿਰ ਨੇ । ਜੀਉ—ਜਿੰਦ । ਇਤੁ—ਇਸ ਵਿਚ । ਮਾਰਗਿ—ਰਸਤੇ ਤੇ । ਇਤੁ ਮਾਰਗਿ—ਇਸ ਰਸਤੇ ਉੱਤੇ । ਭੈਣੇ—ਹੇ ਭੈਣ! ।੩।

ਅਰਥ:- ਪ੍ਰਭੂ-ਖਸਮ ਦੀ ਪਿਆਰੀ (ਜੀਵ-ਇਸਤ੍ਰੀ) ਨੂੰ ਮੈਂ ਜਾ ਕੇ ਪੁੱਛਦੀ ਹਾਂ—(ਹੇ ਭੈਣ!) ਤੂੰ ਪਿਆਰਾ ਪ੍ਰਭੂ-ਪਤੀ ਕਿਵੇਂ ਲੱਭਾ? (ਉਹ ਉੱਤਰ ਦੇਂਦੀ ਹੈ—ਹੇ ਭੈਣ!) ਸਦਾ ਕਾਇਮ ਰਹਿਣ ਵਾਲੇ ਪ੍ਰਭੂ-ਪਤੀ ਨੇ ਮੇਰੇ ਉਤੇ ਮੇਹਰ ਦੀ ਨਜ਼ਰ ਕੀਤੀ, ਤਾਂ ਮੈਂ ਮੇਰ-ਤੇਰ (=ਵਿਤਕਰਾ) ਛੱਡ ਦਿੱਤੀ । ਹੇ ਭੈਣ! ਆਪਣਾ ਮਨ, ਆਪਣਾ ਸਰੀਰ, ਆਪਣੀ ਜਿੰਦ—ਸਭ ਕੁਝ ਪ੍ਰਭੂ ਦੇ ਹਵਾਲੇ ਕਰ ਦਿਉ—ਇਸ ਰਾਹ ਉਤੇ ਤੁਰਿਆਂ ਹੀ ਉਸ ਨੂੰ ਮਿਲ ਸਕੀਦਾ ਹੈ । ਹੇ ਨਾਨਕ! (ਆਖ—ਹੇ ਭੈਣ!) ਪਿਆਰਾ ਪ੍ਰਭੂ ਜਿਸ ਜੀਵ ਨੂੰ ਮੇਹਰ ਦੀ ਨਿਗਾਹ ਨਾਲ ਵੇਖਦਾ ਹੈ, ਉਸ ਦੀ ਜਿੰਦ ਪ੍ਰਭੂ ਦੀ ਜੋਤਿ ਨਾਲ ਇਕ-ਮਿਕ ਹੋ ਜਾਂਦੀ ਹੈ ।੩।

ਜੋ ਹਰਿ ਪ੍ਰਭ ਕਾ ਮੈ ਦੇਇ ਸਨੇਹਾ ਤਿਸੁ ਮਨੁ ਤਨੁ ਅਪਣਾ ਦੇਵਾ ॥ ਨਿਤ ਪਖਾ ਫੇਰੀ ਸੇਵ ਕਮਾਵਾ ਤਿਸੁ ਆਗੈ ਪਾਣੀ ਢੋਵਾਂ ॥ ਨਿਤ ਨਿਤ ਸੇਵ ਕਰੀ ਹਰਿ ਜਨ ਕੀ ਜੋ ਹਰਿ ਹਰਿ ਕਥਾ ਸੁਣਾਏ ॥ ਧਨੁ ਧੰਨੁ ਗੁਰੂ ਗੁਰ ਸਤਿਗੁਰੁ ਪੂਰਾ ਨਾਨਕ ਮਨਿ ਆਸ ਪੁਜਾਏ ॥੪॥ {ਪੰਨਾ 561-462}

ਪਦਅਰਥ:- ਮੈ—ਮੈਨੂੰ । ਦੇਇ—ਦੇਵੇ । ਤਿਸੁ—ਉਸ ਨੂੰ । ਦੇਵਾ—ਦੇਵਾਂ । ਫੇਰੀ—ਫੇਰੀਂ, ਮੈਂ ਫੇਰਾਂ । ਕਰੀ—ਕਰੀਂ, ਮੈਂ ਕਰਾਂ । ਮਨਿ—ਮਨ ਵਿਚ (ਟਿਕੀ ਹੋਈ) । ਪੁਜਾਏ—ਪੂਰੀ ਕਰਦਾ ਹੈ ।੪।

ਅਰਥ:- ਜੇਹੜਾ (ਗੁਰਮੁਖਿ) ਮੈਨੂੰ ਹਰੀ-ਪ੍ਰਭੂ (ਦੀ ਸਿਫ਼ਤਿ-ਸਾਲਾਹ) ਦਾ ਸੁਨੇਹਾ ਦੇਵੇ, ਮੈਂ ਆਪਣਾ ਮਨ ਆਪਣਾ ਹਿਰਦਾ ਉਸ ਦੇ ਹਵਾਲੇ ਕਰਨ ਨੂੰ ਤਿਆਰ ਹਾਂ; ਮੈਂ ਸਦਾ ਉਸ ਨੂੰ ਪੱਖਾ ਝੱਲਣ ਨੂੰ ਤਿਆਰ ਹਾਂ, ਉਸ ਦੀ ਸੇਵਾ ਕਰਨ ਨੂੰ ਤਿਆਰ ਹਾਂ, ਤੇ, ਉਸ ਦੇ ਵਾਸਤੇ ਪਾਣੀ ਢੋਣ ਨੂੰ ਤਿਆਰ ਹਾਂ । ਪਰਮਾਤਮਾ ਦਾ ਜੇਹੜਾ ਭਗਤ ਮੈਨੂੰ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਸੁਣਾਏ, ਮੈਂ ਉਸ

ਦੀ ਸੇਵਾ ਕਰਨ ਨੂੰ ਸਦਾ ਤਿਆਰ ਹਾਂ ਸਦਾ ਤਿਆਰ ਹਾਂ । ਹੇ ਨਾਨਕ! (ਆਖ—) ਧੰਨ ਹੈ ਮੇਰਾ ਗੁਰੂ, ਸ਼ਾਬਾਸ਼ ਹੈ ਮੇਰੇ ਪੂਰੇ ਗੁਰੂ ਨੂੰ, ਜੇਹੜਾ ਮੇਰੇ ਮਨ ਵਿਚ (ਪ੍ਰਭੂ-ਮਿਲਾਪ ਦੀ ਟਿਕੀ ਹੋਈ) ਆਸ ਪੂਰੀ ਕਰਦਾ ਹੈ ।੪।

ਗੁਰੁ ਸਜਣੁ ਮੇਰਾ ਮੇਲਿ ਹਰੇ ਜਿਤੁ ਮਿਲਿ ਹਰਿ ਨਾਮੁ ਧਿਆਵਾ ॥ ਗੁਰ ਸਤਿਗੁਰ ਪਾਸਹੁ ਹਰਿ ਗੋਸਟਿ ਪੂਛਾਂ ਕਰਿ ਸਾਂਝੀ ਹਰਿ ਗੁਣ ਗਾਵਾਂ ॥ ਗੁਣ ਗਾਵਾ ਨਿਤ ਨਿਤ ਸਦ ਹਰਿ ਕੇ ਮਨੁ ਜੀਵੈ ਨਾਮੁ ਸੁਣਿ ਤੇਰਾ ॥ ਨਾਨਕ ਜਿਤੁ ਵੇਲਾ ਵਿਸਰੈ ਮੇਰਾ ਸੁਆਮੀ ਤਿਤੁ ਵੇਲੈ ਮਰਿ ਜਾਇ ਜੀਉ ਮੇਰਾ ॥੫॥ {ਪੰਨਾ 562}

ਪਦਅਰਥ:- ਮੇਲਿ—ਮਿਲਾ । ਹਰਿ—ਹੇ ਹਰੀ! ਜਿਤੁ—ਜਿਸੁ ਵਿਚ । ਮਿਲਿ—ਮਿਲ ਕੇ । ਧਿਆਵਾ—ਧਿਆਵਾਂ, ਮੈਂ ਧਿਆਵਾਂ । ਗੋਸਟਿ—ਮਿਲਾਪ । ਹਰਿ ਗੋਸਟਿ—ਪਰਮਾਤਮਾ ਦਾ ਮਿਲਾਪ । ਕਰਿ—ਕਰ ਕੇ । ਸਾਂਝੀ—ਮੇਲ-ਮਿਲਾਪ, ਸੰਗਤਿ । ਸਦ—ਸਦਾ । ਜੀਵੈ—ਜੀਉ ਪੈਂਦਾ ਹੈ, ਆਤਮਕ ਜੀਵਨ ਹਾਸਲ ਕਰਦਾ ਹੈ । ਜਿਤੁ ਵੇਲਾ—ਜਿਸ ਵੇਲੇ ਵਿਚ, ਜਦੋਂ । ਜੀਉ—ਜਿੰਦ । ਮਰਿ ਜਾਇ—ਮਰ ਜਾਂਦੀ ਹੈ, ਆਤਮਕ ਮੌਤ ਸਹੇੜ ਲੈਂਦੀ ਹੈ ।੫।

ਅਰਥ:- ਹੇ ਹਰੀ! ਮੈਨੂੰ ਮੇਰਾ ਮਿੱਤਰ ਗੁਰੂ ਮਿਲਾ, ਜਿਸ (ਦੇ ਚਰਨਾਂ) ਵਿਚ ਲੀਨ ਹੋ ਕੇ ਮੈਂ ਹਰਿ-ਨਾਮ ਸਿਮਰਦਾ ਰਹਾਂ, ਗੁਰੂ ਪਾਸੋਂ ਮੈਂ ਹਰਿ-ਮਿਲਾਪ (ਦੀਆਂ ਗੱਲਾਂ) ਪੁੱਛਦਾ ਰਹਾਂ, ਗੁਰੂ ਦੀ ਸੰਗਤਿ ਕਰ ਕੇ ਮੈਂ ਹਰਿ-ਗੁਣ ਗਾਂਦਾ ਰਹਾਂ । (ਗੁਰੂ ਦੇ ਮਿਲਾਪ ਦੀ ਬਰਕਤਿ ਨਾਲ) ਮੈਂ ਸਦਾ ਹੀ ਸਦਾ ਹੀ ਹਰੀ ਦੇ ਗੁਣ ਗਾਂਦਾ ਰਹਾਂ । ਹੇ ਹਰੀ! ਤੇਰਾ ਨਾਮ ਸੁਣ ਕੇ ਮੇਰਾ ਮਨ ਆਤਮਕ ਜੀਵਨ ਪ੍ਰਾਪਤ ਕਰਦਾ ਹੈ । ਹੇ ਨਾਨਕ! (ਆਖ—) ਜਦੋਂ ਮੈਨੂੰ ਮੇਰਾ ਮਾਲਕ-ਪ੍ਰਭੂ ਭੁੱਲ ਜਾਂਦਾ ਹੈ, ਉਸ ਵੇਲੇ ਮੇਰੀ ਜਿੰਦ ਆਤਮਕ ਮੌਤੇ ਮਰ ਜਾਂਦੀ ਹੈ ।੫।

ਹਰਿ ਵੇਖਣ ਕਉ ਸਭੁ ਕੋਈ ਲੋਚੈ ਸੋ ਵੇਖੈ ਜਿਸੁ ਆਪਿ ਵਿਖਾਲੇ ॥ ਜਿਸ ਨੋ ਨਦਰਿ ਕਰੇ ਮੇਰਾ ਪਿਆਰਾ ਸੋ ਹਰਿ ਹਰਿ ਸਦਾ ਸਮਾਲੇ ॥ ਸੋ ਹਰਿ ਹਰਿ ਨਾਮੁ ਸਦਾ ਸਦਾ ਸਮਾਲੇ ਜਿਸੁ ਸਤਗੁਰੁ ਪੂਰਾ ਮੇਰਾ ਮਿਲਿਆ ॥ ਨਾਨਕ ਹਰਿ ਜਨ ਹਰਿ ਇਕੇ ਹੋਏ ਹਰਿ ਜਪਿ ਹਰਿ ਸੇਤੀ ਰਲਿਆ ॥੬॥੧॥੩॥ {ਪੰਨਾ 562}

ਪਦਅਰਥ:- ਕਉ—ਵਾਸਤੇ । ਸਭੁ ਕੋਈ—ਹਰੇਕ ਜੀਵ । ਲੋਚੈ—ਤਾਂਘ ਕਰਦਾ ਹੈ । ਜਿਸ ਨੋ—{ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਨੋ' ਦੇ ਕਾਰਨ ਉੱਡ ਗਿਆ ਹੈ} । ਨਦਰਿ—ਨਜ਼ਰ, ਨਿਗਾਹ । ਸਮਾਲੇ—(ਹਿਰਦੇ ਵਿਚ) ਸੰਭਾਲਦਾ ਹੈ । ਇਕੇ—ਇੱਕ ਹੀ, ਇੱਕ ਰੂਪ, ਇੱਕ-ਜੋਤਿ । ਸੇਤੀ—ਨਾਲ । ਜਪਿ—ਜਪ ਕੇ ।੬।

ਅਰਥ:- ਪਰਮਾਤਮਾ ਦਾ ਦਰਸਨ ਕਰਨ ਵਾਸਤੇ ਹਰੇਕ ਜੀਵ ਤਾਂਘ ਤਾਂ ਕਰ ਲੈਂਦਾ ਹੈ, ਪਰ ਉਹੀ ਮਨੁੱਖ ਦਰਸਨ ਕਰ ਸਕਦਾ ਹੈ ਜਿਸ ਨੂੰ ਪਰਮਾਤਮਾ ਆਪ ਦਰਸਨ ਕਰਾਂਦਾ ਹੈ । ਪਿਆਰਾ ਪ੍ਰਭੂ ਜਿਸ ਮਨੁੱਖ ਉੱਤੇ ਮੇਹਰ ਦੀ ਨਜ਼ਰ ਕਰਦਾ ਹੈ ਉਹ ਮਨੁੱਖ ਸਦਾ ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹੈ । (ਹੇ ਭਾਈ!) ਜਿਸ ਮਨੁੱਖ ਨੂੰ ਪੂਰਾ ਗੁਰੂ ਮਿਲ ਪੈਂਦਾ ਹੈ ਉਹ ਮਨੁੱਖ ਪਰਮਾਤਮਾ ਦਾ ਨਾਮ ਸਦਾ ਆਪਣੇ ਹਿਰਦੇ ਵਿਚ ਵਸਾਂਦਾ ਹੈ । ਹੇ ਨਾਨਕ! ਮਨੁੱਖ ਪਰਮਾਤਮਾ ਦਾ ਨਾਮ ਜਪ ਜਪ

ਕੇ ਪਰਮਾਤਮਾ ਦੇ ਨਾਲ ਮਿਲ ਜਾਂਦਾ ਹੈ (ਇਸ ਤਰ੍ਹਾਂ) ਪਰਮਾਤਮਾ ਤੇ ਪਰਮਾਤਮਾ ਦੇ ਭਗਤ ਇੱਕ-ਰੂਪ ਹੋ ਜਾਂਦੇ ਹਨ ।੬।੧।੩।

ਵਡਹੰਸੁ ਮਹਲਾ ੫ ਘਰੁ ੧ ੧ੴ ਸਤਿਗੁਰ ਪ੍ਰਸਾਦਿ ॥ ਅਤਿ ਊਚਾ ਤਾ ਕਾ ਦਰਬਾਰਾ ॥ ਅੰਤੁ ਨਾਹੀ ਕਿਛੁ ਪਾਰਾਵਾਰਾ ॥ ਕੋਟਿ ਕੋਟਿ ਕੋਟਿ ਲਖ ਧਾਵੈ ॥ ਇਕੁ ਤਿਲੁ ਤਾ ਕਾ ਮਹਲੁ ਨ ਪਾਵੈ ॥੧॥ ਸੁਹਾਵੀ ਕਉਣੁ ਸੁ ਵੇਲਾ ਜਿਤੁ ਪ੍ਰਭ ਮੇਲਾ ॥੧॥ ਰਹਾਉ ॥ ਲਾਖ ਭਗਤ ਜਾ ਕਉ ਆਰਾਧਹਿ ॥ ਲਾਖ ਤਪੀਸਰ ਤਪੁ ਹੀ ਸਾਧਹਿ ॥ ਲਾਖ ਜੋਗੀਸਰ ਕਰਤੇ ਜੋਗਾ ॥ ਲਾਖ ਭੋਗੀਸਰ ਭੋਗਹਿ ਭੋਗਾ ॥੨॥ ਘਟਿ ਘਟਿ ਵਸਹਿ ਜਾਣਹਿ ਥੋਰਾ ॥ ਹੈ ਕੋਈ ਸਾਜਣੁ ਪਰਦਾ ਤੋਰਾ ॥ ਕਰਉ ਜਤਨ ਜੇ ਹੋਇ ਮਿਹਰਵਾਨਾ ॥ ਤਾ ਕਉ ਦੇਈ ਜੀਉ ਕੁਰਬਾਨਾ ॥੩॥ ਫਿਰਤ ਫਿਰਤ ਸੰਤਨ ਪਹਿ ਆਇਆ ॥ ਦੂਖ ਭ੍ਰਮੁ ਹਮਾਰਾ ਸਗਲ ਮਿਟਾਇਆ ॥ ਮਹਲਿ ਬੁਲਾਇਆ ਪ੍ਰਭ ਅੰਮ੍ਰਿਤੁ ਭੂੰਚਾ ॥ ਕਹੁ ਨਾਨਕ ਪ੍ਰਭੁ ਮੇਰਾ ਊਚਾ ॥੪॥੧॥ {ਪੰਨਾ 562}

ਪਦਅਰਥ:- ਤਾ ਕਾ—ਉਸ (ਪਰਮਾਤਮਾ) ਦਾ । ਪਾਰਾਵਾਰਾ—ਪਾਰ ਅਵਾਰ, ਪਾਰਲਾ ਉਰਲਾ ਬੰਨਾ । ਕੋਟਿ—ਕ੍ਰੋੜਾਂ ਵਾਰੀ । ਲਖ—ਲੱਖ ਵਾਰੀ । ਥਾਵੈ—ਦੌੜਦਾ ਫਿਰੇ, ਜਤਨ ਕਰਦਾ ਫਿਰੇ । ਇਕੁ ਤਿਲੁ—ਰਤਾ ਭਰ ਭੀ ।੧।

ਸੁਹਾਵੀ—ਸੋਹਣੀ (ਘੜੀ) । ਜਿਤੁ—ਜਿਸ (ਵੇਲੇ) ਵਿਚ ।੧।ਰਹਾਉ।

ਕਉ—ਨੂੰ । ਤਪੀਸਰ—{ਤਪੀ-ਈਸਰ} ਵੱਡੇ ਵੱਡੇ । ਸਾਧਹਿ—ਸਾਧਦੇ ਹਨ ।੨।

ਘਟਿ ਘਟਿ—ਹਰੇਕ ਘਟ ਵਿਚ । ਘਟ—ਸਰੀਰ । ਵਸਹਿ—ਤੂੰ ਵੱਸਦਾ ਹੈਂ । ਥੋਰਾ—ਥੋੜੇ ਬੰਦੇ । ਜਾਣਹਿ—ਜਾਣਦੇ ਹਨ । ਕੋਈ—ਕੋਈ ਵਿਰਲਾ । ਤੋਰਾ—ਤੋੜਿਆ । ਕਰਉ—ਕਰਉਂ, ਮੈਂ ਕਰਦਾ ਹਾਂ । ਦੇਈ—ਦੇਈਂ, ਮੈਂ ਦੇਂਦਾ ਹਾਂ ।੩।

ਸੰਤਨ ਪਹਿ—ਸੰਤਾਂ ਪਾਸ, ਗੁਰੂ ਪਾਸ । ਹਮਾਰਾ—ਮੇਰਾ । ਸਗਲ—ਸਾਰਾ । ਮਹਲਿ—ਮਹਲ ਵਿਚ, ਹਜ਼ੂਰੀ ਵਿਚ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ । ਭੂੰਚਾ—ਛਕਿਆ, ਪੀਤਾ । ਨਾਨਕ—ਹੇ ਨਾਨਕ! ।੪।

ਅਰਥ:- ਹੇ ਭਾਈ! ਉਹ ਕੈਸਾ ਸੋਹਣਾ ਸਮਾ ਹੁੰਦਾ ਹੈ! ਉਹ ਕੈਸੀ ਸੋਹਣੀ ਘੜੀ ਹੁੰਦੀ ਹੈ, ਜਦੋਂ ਪਰਮਾਤਮਾ ਦਾ ਮਿਲਾਪ ਹੋ ਜਾਂਦਾ ਹੈ ।੧।ਰਹਾਉ।

ਹੇ ਭਾਈ! ਪਰਮਾਤਮਾ ਦਾ ਦਰਬਾਰ ਬਹੁਤ ਹੀ ਉੱਚਾ ਹੈ, ਉਸ ਦੇ ਪਾਰਲੇ ਉਰਲੇ ਬੰਨੇ ਦਾ ਕੁਝ ਅੰਤ ਨਹੀਂ ਪੈ ਸਕਦਾ । ਮਨੁੱਖ ਲੱਖਾਂ ਵਾਰੀ ਜਤਨ ਕਰੇ ਕ੍ਰੋੜਾਂ ਵਾਰੀ ਜਤਨ ਕਰੇ, (ਪਰ ਆਪਣੇ ਜਤਨਾਂ ਨਾਲ) ਪਰਮਾਤਮਾ ਦੀ ਹਜ਼ੂਰੀ ਰਤਾ ਭਰ ਭੀ ਹਾਸਲ ਨਹੀਂ ਕਰ ਸਕਦਾ ।੧।

ਹੇ ਭਾਈ! ਲੱਖਾਂ ਹੀ ਭਗਤ ਜਿਸ ਪਰਮਾਤਮਾ ਦਾ ਆਰਾਧਨ ਕਰਦੇ ਰਹਿੰਦੇ ਹਨ, (ਜਿਸ ਦੇ ਮਿਲਾਪ ਦੀ ਖ਼ਾਤਰ) ਲੱਖਾਂ ਹੀ ਵੱਡੇ ਵੱਡੇ ਤਪੀ ਤਪ ਕਰਦੇ ਰਹਿੰਦੇ ਹਨ, ਲੱਖਾਂ ਹੀ ਵੱਡੇ ਵੱਡੇ ਜੋਗੀ ਜੋਗ-ਸਾਧਨ ਕਰਦੇ ਰਹਿੰਦੇ ਹਨ, ਲੱਖਾਂ ਹੀ ਵੱਡੇ ਵੱਡੇ ਭੋਗੀ (ਜਿਸ ਦੇ ਦਿੱਤੇ) ਪਦਾਰਥ ਭੋਗਦੇ ਰਹਿੰਦੇ ਹਨ (ਉਸ ਦਾ

ਅੰਤ ਕੋਈ ਨਹੀਂ ਪਾ ਸਕਿਆ) ।੨।

ਹੇ ਪ੍ਰਭੂ! ਤੂੰ ਹਰੇਕ ਸਰੀਰ ਵਿਚ ਵੱਸਦਾ ਹੈਂ, ਪਰ ਬਹੁਤ ਥੋੜੇ ਮਨੁੱਖ (ਇਸ ਭੇਤ ਨੂੰ) ਜਾਣਦੇ ਹਨ (ਕਿਉਂਕਿ ਜੀਵਾਂ ਦੇ ਅੰਦਰ ਤੇਰੇ ਨਾਲੋਂ ਵਿੱਥ ਬਣੀ ਰਹਿੰਦੀ ਹੈ) ਕੋਈ ਵਿਰਲਾ ਹੀ ਗੁਰਮੁਖਿ ਹੁੰਦਾ ਹੈ ਜੇਹੜਾ (ਉਸ) ਵਿੱਥ ਨੂੰ ਦੂਰ ਕਰਦਾ ਹੈ । ਮੈਂ ਉਸ ਗੁਰਮੁਖ ਦੇ ਅੱਗੇ ਆਪਣੀ ਜਿੰਦ ਭੇਟਾ ਕਰਨ ਨੂੰ ਤਿਆਰ ਹਾਂ, ਮੈਂ ਜਤਨ ਕਰਦਾ ਹਾਂ ਕਿ ਉਹ ਗੁਰਮੁਖ ਮੇਰੇ ਉਤੇ ਦਇਆਵਾਨ ਹੋਵੇ ।੩।

ਹੇ ਭਾਈ! ਭਾਲ ਕਰਦਾ ਕਰਦਾ ਮੈਂ ਗੁਰੂ ਦੇ ਪਾਸ ਪਹੁੰਚਿਆ, (ਗੁਰੂ ਨੇ) ਮੇਰਾ ਸਾਰਾ ਦੁੱਖ ਤੇ ਭਰਮ ਦੂਰ ਕਰ ਦਿੱਤਾ । (ਗੁਰੂ ਦੀ ਕਿਰਪਾ ਨਾਲ ਪ੍ਰਭੂ ਨੇ ਮੈਨੂੰ) ਆਪਣੀ ਹਜ਼ੂਰੀ ਵਿਚ ਸੱਦ ਲਿਆ (ਮੈਨੂੰ ਆਪਣੇ ਚਰਨਾਂ ਵਿਚ ਜੋੜ ਲਿਆ, ਤੇ,) ਮੈਂ ਪ੍ਰਭੂ ਦਾ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਪੀਤਾ । ਹੇ ਨਾਨਕ! ਆਖ—ਮੇਰਾ ਪ੍ਰਭੂ ਸਭ ਤੋਂ ਉੱਚਾ ਹੈ ।੪।੧।

ਵਡਹੰਸੁ ਮਹਲਾ ੫ ॥ ਧਨੁ ਸੁ ਵੇਲਾ ਜਿਤੁ ਦਰਸਨੁ ਕਰਣਾ ॥ ਹਉ ਬਲਿਹਾਰੀ ਸਤਿਗੁਰ ਚਰਣਾ ॥੧॥ ਜੀਅ ਕੇ ਦਾਤੇ ਪ੍ਰੀਤਮ ਪ੍ਰਭ ਮੇਰੇ ॥ ਮਨੁ ਜੀਵੈ ਪ੍ਰਭ ਨਾਮੁ ਚਿਤੇਰੇ ॥੧॥ ਰਹਾਉ ॥ ਸਚੁ ਮੰਤ੍ਰੁ ਤੁਮਾਰਾ ਅੰਮ੍ਰਿਤ ਬਾਣੀ ॥ ਸੀਤਲ ਪੁਰਖ ਦ੍ਰਿਸਟਿ ਸੁਜਾਣੀ ॥੨॥ ਸਚੁ ਹੁਕਮੁ ਤੁਮਾਰਾ ਤਖਤਿ ਨਿਵਾਸੀ ॥ ਆਇ ਨ ਜਾਵੈ ਮੇਰਾ ਪ੍ਰਭੁ ਅਬਿਨਾਸੀ ॥੩॥ ਤੁਮ ਮਿਹਰਵਾਨ ਦਾਸ ਹਮ ਦੀਨਾ ॥ ਨਾਨਕ ਸਾਹਿਬੁ ਭਰਪੁਰਿ ਲੀਣਾ ॥੪॥੨॥ {ਪੰਨਾ 562}

ਪਦਅਰਥ:- ਧਨੁ—ਭਾਗਾਂ ਵਾਲਾ । ਸੁ—ਉਹ । ਜਿਤੁ—ਜਿਸ (ਵੇਲੇ) ਵਿਚ । ਹਉ—ਮੈਂ ।੧।

ਜੀਅ ਕੇ ਦਾਤੇ—ਹੇ ਜਿੰਦ ਦੇਣ ਵਾਲੇ! ਪ੍ਰਭ—ਹੇ ਪ੍ਰਭੂ! ਜੀਵੈ—ਆਤਮਕ ਜੀਵਨ ਪ੍ਰਾਪਤ ਕਰ ਲੈਂਦਾ ਹੈ । ਚਿਤੇਰੇ—ਚੇਤੇ ਕਰ ਕੇ ।੧।ਰਹਾਉ।

ਸਚੁ—ਸਦਾ ਕਾਇਮ ਰਹਿਣ ਵਾਲਾ । ਮੰਤ੍ਰੁ—ਉਪਦੇਸ਼ । ਅੰਮ੍ਰਿਤ—ਆਤਮਕ ਜੀਵਨ ਦੇਣ ਵਾਲੀ । ਸੀਤਲ—ਸ਼ਾਂਤ । ਸੁਜਾਣੀ—ਚੰਗੀ ਪਰਖ ਵਾਲੀ । ਦ੍ਰਿਸਟਿ—ਨਜ਼ਰ ।੨।

ਤਖਤਿ—ਤਖ਼ਤ ਉਤੇ । ਨਿਵਾਸੀ—ਨਿਵਾਸ ਕਰਨ ਵਾਲਾ । ਅਬਿਨਾਸੀ—ਨਾਸ-ਰਹਿਤ ।੩।

ਹਮ—ਅਸੀ । ਦੀਨ—ਨਿਮਾਣੇ । ਨਾਨਕ—ਹੇ ਨਾਨਕ! ਸਾਹਿਬੁ—ਮਾਲਕ । ਭਰਪੁਰਿ—ਭਰਪੂਰ, ਹਰ ਥਾਂ ਮੌਜੂਦ । ਲੀਨ—ਵਿਆਪਕ ।੪।

ਅਰਥ:- ਹੇ ਜਿੰਦ ਦੇਣ ਵਾਲੇ ਪ੍ਰਭੂ! ਹੇ ਮੇਰੇ ਪ੍ਰੀਤਮ ਪ੍ਰਭੂ! ਤੇਰਾ ਨਾਮ ਚੇਤੇ ਕਰ ਕਰ ਕੇ ਮੇਰਾ ਮਨ ਆਤਮਕ ਜੀਵਨ ਹਾਸਲ ਕਰ ਲੈਂਦਾ ਹੈ ।੧।ਰਹਾਉ।

ਹੇ ਭਾਈ! ਉਹ ਸਮਾ ਭਾਗਾਂ ਵਾਲਾ ਹੁੰਦਾ ਹੈ ਜਿਸ ਵੇਲੇ ਪ੍ਰਭੂ ਦਾ ਦਰਸਨ ਕਰੀਦਾ ਹੈ, (ਜਿਸ ਗੁਰੂ ਦੀ ਕਿਰਪਾ ਨਾਲ ਪ੍ਰਭੂ ਦਾ ਦਰਸਨ ਹੁੰਦਾ ਹੈ) ਮੈਂ ਉਸ ਗੁਰੂ ਦੇ ਚਰਨਾਂ ਤੋਂ ਸਦਕੇ ਜਾਂਦਾ ਹਾਂ ।੧।

ਹੇ ਪ੍ਰਭੂ! ਤੇਰਾ ਨਾਮ-ਮੰਤ੍ਰ ਸਦਾ ਕਾਇਮ ਰਹਿਣ ਵਾਲਾ ਹੈ, ਤੇਰੀ ਸਿਫ਼ਤਿ-ਸਾਲਾਹ ਦੀ ਬਾਣੀ ਆਤਮਕ ਜੀਵਨ ਦੇਣ ਵਾਲੀ ਹੈ । ਹੇ ਸ਼ਾਂਤੀ ਦੇ ਪੁੰਜ ਅਕਾਲ ਪੁਰਖ! ਤੇਰੀ ਨਿਗਾਹ ਚੰਗੀ ਪਰਖ ਵਾਲੀ ਹੈ ।੨।

ਹੇ ਪ੍ਰਭੂ! ਤੇਰਾ ਹੁਕਮ ਸਦਾ-ਥਿਰ ਰਹਿਣ ਵਾਲਾ ਹੈ, ਤੂੰ (ਸਦਾ) ਤਖ਼ਤ ਉਤੇ ਨਿਵਾਸ ਰੱਖਣ ਵਾਲਾ ਹੈਂ

(ਤੂੰ ਸਦਾ ਸਭ ਦਾ ਹਾਕਮ ਹੈਂ) । (ਹੇ ਭਾਈ!) ਮੇਰਾ ਪ੍ਰਭੂ ਕਦੇ ਨਾਸ ਹੋਣ ਵਾਲਾ ਨਹੀਂ, ਉਹ ਕਦੇ ਜੰਮਦਾ ਮਰਦਾ ਨਹੀਂ ।੩।

ਹੇ ਪ੍ਰਭੂ! ਅਸੀ ਜੀਵ ਤੇਰੇ ਨਿਮਾਣੇ ਸੇਵਕ ਹਾਂ, ਤੂੰ ਸਾਡੇ ਉਤੇ ਦਇਆ ਕਰਨ ਵਾਲਾ ਹੈਂ । ਹੇ ਨਾਨਕ! (ਆਖ—) ਸਾਡਾ ਮਾਲਕ-ਪ੍ਰਭੂ ਹਰ ਥਾਂ ਮੌਜੂਦ ਹੈ, ਸਭ ਵਿਚ ਵਿਆਪਕ ਹੈ ।੪।੨।

ਵਡਹੰਸੁ ਮਹਲਾ ੫ ॥ ਤੂ ਬੇਅੰਤੁ ਕੋ ਵਿਰਲਾ ਜਾਣੈ ॥ ਗੁਰ ਪ੍ਰਸਾਦਿ ਕੋ ਸਬਦਿ ਪਛਾਣੈ ॥੧॥ ਸੇਵਕ ਕੀ ਅਰਦਾਸਿ ਪਿਆਰੇ ॥ ਜਪਿ ਜੀਵਾ ਪ੍ਰਭ ਚਰਣ ਤੁਮਾਰੇ ॥੧॥ ਰਹਾਉ ॥ ਦਇਆਲ ਪੁਰਖ ਮੇਰੇ ਪ੍ਰਭ ਦਾਤੇ ॥ ਜਿਸਹਿ ਜਨਾਵਹੁ ਤਿਨਹਿ ਤੁਮ ਜਾਤੇ ॥੨॥ ਸਦਾ ਸਦਾ ਜਾਈ ਬਲਿਹਾਰੀ ॥ ਇਤ ਉਤ ਦੇਖਉ ਓਟ ਤੁਮਾਰੀ ॥੩॥ ਮੋਹਿ ਨਿਰਗੁਣ ਗੁਣੁ ਕਿਛੂ ਨ ਜਾਤਾ ॥ ਨਾਨਕ ਸਾਧੂ ਦੇਖਿ ਮਨੁ ਰਾਤਾ ॥੪॥੩॥ {ਪੰਨਾ 562-563}

ਪਦਅਰਥ:- ਜਾਣੈ—ਡੂੰਘੀ ਸਾਂਝ ਪਾਂਦਾ ਹੈ । ਪ੍ਰਸਾਦਿ—ਕਿਰਪਾ ਨਾਲ । ਕੋ—ਕੋਈ ਵਿਰਲਾ । ਸਬਦਿ—ਸ਼ਬਦ ਦੀ ਰਾਹੀਂ ।੧।

ਪਿਆਰੇ—ਹੇ ਪਿਆਰੇ! ਜਪਿ—ਜਪ ਕੇ, ਹਿਰਦੇ ਵਿਚ ਵਸਾ ਕੇ । ਜੀਵਾ—ਜੀਵਾਂ, ਮੈਂ ਆਤਮਕ ਜੀਵਨ ਪ੍ਰਾਪਤ ਕਰਾਂ । ਪ੍ਰਭ—ਹੇ ਪ੍ਰਭੂ ।੧।ਰਹਾਉ।

ਦਇਆਲ—ਹੇ ਦਇਆ ਦੇ ਘਰ! ਜਿਸਹਿ—ਜਿਸ ਨੂੰ । ਜਨਾਵਹੁ—ਤੂੰ ਸਮਝ ਦੇਂਦਾ ਹੈਂ । ਤਿਨਹਿ—ਉਸ ਨੇ ਹੀ । ਤੁਮ ਜਾਤੇ—ਤੈਨੂੰ ਜਾਣਿਆ ਹੈ, ਤੇਰੇ ਨਾਲ ਸਾਂਝ ਪਾਈ ਹੈ ।੨।

ਜਾਈ—ਜਾਈਂ, ਮੈਂ ਜਾਂਦਾ ਹਾਂ । ਇਤ—ਇਸ ਲੋਕ ਵਿਚ । ਉਤ—ਪਰਲੋਕ ਵਿਚ । ਦੇਖਉ—ਦੇਖਉਂ, ਮੈਂ ਵੇਖਦਾ ਹਾਂ ।੩।

ਮੋਹਿ—ਮੈਂ । ਸਾਧੂ—ਗੁਰੂ । ਦੇਖਿ—ਵੇਖ ਕੇ, ਦਰਸ਼ਨ ਕਰ ਕੇ । ਰਾਤਾ—ਰੰਗਿਆ ਗਿਆ ਹੈ ।੪।

ਅਰਥ:- ਹੇ ਪਿਆਰੇ ਪ੍ਰਭੂ! ਮੈਂ ਸੇਵਕ ਦੀ (ਤੇਰੇ ਦਰ ਤੇ) ਅਰਦਾਸ ਹੈ, (ਮੇਹਰ ਕਰ) ਹੇ ਪ੍ਰਭੂ! ਤੇਰੇ ਚਰਨ ਹਿਰਦੇ ਵਿਚ ਵਸਾ ਕੇ ਮੈਂ ਆਤਮਕ ਜੀਵਨ ਪ੍ਰਾਪਤ ਕਰਾਂ ।੧।ਰਹਾਉ।

ਹੇ ਪ੍ਰਭੂ! ਤੇਰੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ, ਕੋਈ ਵਿਰਲਾ ਮਨੁੱਖ ਤੇਰੇ ਨਾਲ ਡੂੰਘੀ ਸਾਂਝ ਪਾਂਦਾ ਹੈ । ਗੁਰੂ ਦੀ ਕਿਰਪਾ ਨਾਲ ਗੁਰੂ ਦੇ ਸ਼ਬਦ ਵਿਚ ਜੁੜ ਕੇ ਕੋਈ ਵਿਰਲਾ ਤੇਰੇ ਨਾਲ ਜਾਣ-ਪਛਾਣ ਪਾਂਦਾ ਹੈ ।੧।

ਹੇ ਮੇਰੇ ਦਾਤੇ ਪ੍ਰਭੂ! ਹੇ ਦਇਆ ਦੇ ਘਰ ਅਕਾਲ ਪੁਰਖ! ਜਿਸ ਮਨੁੱਖ ਨੂੰ ਤੂੰ ਆਪ ਸੂਝ ਬਖ਼ਸ਼ਦਾ ਹੈਂ, ਉਸੇ ਨੇ ਹੀ ਤੇਰੇ ਨਾਲ ਸਾਂਝ ਪਾਈ ਹੈ ।੨।

ਹੇ ਪ੍ਰਭੂ! ਮੈਂ ਸਦਾ ਹੀ ਸਦਾ ਹੀ ਤੈਥੋਂ ਸਦਕੇ ਜਾਂਦਾ ਹਾਂ । ਇਸ ਲੋਕ ਵਿਚ ਤੇ ਪਰਲੋਕ ਵਿਚ ਮੈਂ ਤੇਰਾ ਹੀ ਆਸਰਾ ਤੱਕਦਾ ਹਾਂ ।੩।

ਹੇ ਪ੍ਰਭੂ! ਮੈਂ ਗੁਣ-ਹੀਣ ਹਾਂ, ਮੈਂ ਤੇਰਾ ਗੁਣ (ਉਪਕਾਰ) ਕੁਝ ਭੀ ਨਹੀਂ ਸਾਂ ਸਮਝ ਸਕਿਆ । ਹੇ ਨਾਨਕ! (ਆਖ—ਹੇ ਪ੍ਰਭੂ!) ਗੁਰੂ ਦਾ ਦਰਸਨ ਕਰ ਕੇ ਮੇਰਾ ਮਨ (ਤੇਰੇ ਪ੍ਰੇਮ ਵਿਚ) ਰੰਗਿਆ ਗਿਆ ਹੈ ।੪।੩।

ਵਡਹੰਸੁ ਮਃ ੫ ॥ ਅੰਤਰਜਾਮੀ ਸੋ ਪ੍ਰਭੁ ਪੂਰਾ ॥ ਦਾਨੁ ਦੇਇ ਸਾਧੂ ਕੀ ਧੂਰਾ ॥੧॥ ਕਰਿ ਕਿਰਪਾ ਪ੍ਰਭ ਦੀਨ ਦਇਆਲਾ ॥ ਤੇਰੀ ਓਟ ਪੂਰਨ ਗੋਪਾਲਾ ॥੧॥ ਰਹਾਉ ॥ ਜਲਿ ਥਲਿ ਮਹੀਅਲਿ ਰਹਿਆ ਭਰਪੂਰੇ ॥ ਨਿਕਟਿ ਵਸੈ ਨਾਹੀ ਪ੍ਰਭੁ ਦੂਰੇ ॥੨॥ ਜਿਸ ਨੋ ਨਦਰਿ ਕਰੇ ਸੋ ਧਿਆਏ ॥ ਆਠ ਪਹਰ ਹਰਿ ਕੇ ਗੁਣ ਗਾਏ ॥੩॥ ਜੀਅ ਜੰਤ ਸਗਲੇ ਪ੍ਰਤਿਪਾਰੇ ॥ ਸਰਨਿ ਪਰਿਓ ਨਾਨਕ ਹਰਿ ਦੁਆਰੇ ॥੪॥੪॥ {ਪੰਨਾ 563}

ਪਦਅਰਥ:- ਅੰਤਰਜਾਮੀ—ਦਿਲ ਦੀ ਜਾਣਨ ਵਾਲਾ । ਦਾਨੁ—ਬਖ਼ਸ਼ੀਸ਼ । ਦੇਇ—ਦੇਂਦਾ ਹੈ । ਸਾਧੂ—ਗੁਰੂ ।੧।

ਪ੍ਰਭ—ਹੇ ਪ੍ਰਭੂ! ਓਟ—ਆਸਰਾ । ਪੂਰਨ—ਹੇ ਸਰਬ-ਵਿਆਪਕ! ਗੋਪਾਲਾ—ਹੇ ਸ੍ਰਿਸ਼ਟੀ ਦੇ ਪਾਲਣਹਾਰ! ।੧।ਰਹਾਉ।

ਜਲਿ—ਪਾਣੀ ਵਿਚ । ਥਲਿ—ਧਰਤੀ ਵਿਚ । ਮਹੀਅਲਿ—ਮਹੀ ਤਲਿ, ਧਰਤੀ ਦੇ ਤਲ ਉੱਤੇ, ਪੁਲਾੜ ਵਿਚ, ਆਕਾਸ਼ ਵਿਚ । ਨਿਕਟਿ—ਨੇੜੇ ।੨।

ਜਿਸ ਨੋ—{ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਨੋ' ਦੇ ਕਾਰਨ ਉੱਡ ਗਿਆ ਹੈ} । ਗਾਏ—ਗਾਂਦਾ ਹੈ ।੩।

ਜੀਅ—{ਲਫ਼ਜ਼ 'ਜੀਉ' ਤੋਂ ਬਹੁ-ਵਚਨ} । ਦੁਆਰੇ—ਦੁਆਰਿ, ਦਰ ਤੇ ।੪।

ਅਰਥ:- ਹੇ ਦੀਨਾਂ ਉੱਤੇ ਦਇਆ ਕਰਨ ਵਾਲੇ ਪ੍ਰਭੂ! (ਮੇਰੇ ਉੱਤੇ) ਕਿਰਪਾ ਕਰ (ਮੈਨੂੰ ਗੁਰੂ ਦੇ ਚਰਨਾਂ ਦੀ ਧੂੜ ਬਖ਼ਸ਼) । ਹੇ ਸਰਬ-ਵਿਆਪਕ! ਹੇ ਸ੍ਰਿਸ਼ਟੀ-ਪਾਲਕ! ਮੈਨੂੰ ਤੇਰਾ ਹੀ ਆਸਰਾ ਹੈ ।੧।ਰਹਾਉ।

ਹੇ ਭਾਈ! ਉਹ ਪ੍ਰਭੂ ਸਭ ਦੇ ਦਿਲ ਦੀ ਜਾਣਨ ਵਾਲਾ ਹੈ, ਸਾਰੇ ਗੁਣਾਂ ਨਾਲ ਭਰਪੂਰ ਹੈ, (ਜਿਸ ਉੱਤੇ ਉਹ ਮੇਹਰ ਕਰਦਾ ਹੈ ਉਸ ਨੂੰ) ਗੁਰੂ ਦੇ ਚਰਨਾਂ ਦੀ ਧੂੜ ਬਖ਼ਸ਼ੀਸ਼ (ਵਜੋਂ) ਦੇਂਦਾ ਹੈ ।੧।

ਹੇ ਭਾਈ! ਪ੍ਰਭੂ ਪਾਣੀ ਵਿਚ, ਧਰਤੀ ਵਿਚ, ਆਕਾਸ਼ ਵਿਚ, ਹਰ ਥਾਂ ਜ਼ੱਰੇ ਜ਼ੱਰੇ ਵਿਚ ਮੌਜੂਦ ਹੈ, ਉਹ (ਹਰੇਕ ਜੀਵ ਦੇ) ਨੇੜੇ ਵੱਸਦਾ ਹੈ, ਕਿਸੇ ਤੋਂ ਦੂਰ ਨਹੀਂ ਹੈ ।੨।

ਹੇ ਭਾਈ! ਜਿਸ ਮਨੁੱਖ ਉਤੇ ਮੇਹਰ ਦੀ ਨਿਗਾਹ ਕਰਦਾ ਹੈ ਉਹ ਮਨੁੱਖ ਉਸ ਦਾ ਸਿਮਰਨ ਕਰਦਾ ਰਹਿੰਦਾ ਹੈ, ਉਹ ਮਨੁੱਖ ਅੱਠੇ ਪਹਿਰ (ਹਰ ਵੇਲੇ) ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ ।੩।

ਹੇ ਭਾਈ! ਪਰਮਾਤਮਾ ਸਾਰੇ ਹੀ ਜੀਵਾਂ ਦੀ ਪਾਲਣਾ ਕਰਦਾ ਹੈ । ਹੇ ਨਾਨਕ! (ਉਸ ਪ੍ਰਭੂ ਅੱਗੇ ਅਰਦਾਸ ਕਰਿਆ ਕਰ ਤੇ ਆਖਿਆ ਕਰ—) ਹੇ ਹਰੀ! ਮੈਂ ਤੇਰੇ ਦਰ ਤੇ ਆਇਆ ਹਾਂ, ਮੈਂ ਤੇਰੀ ਸਰਨ ਪਿਆ ਹਾਂ (ਮੈਨੂੰ ਗੁਰੂ ਦੇ ਚਰਨਾਂ ਦੀ ਧੂੜ ਬਖ਼ਸ਼) ।੪।੪।

ਵਡਹੰਸੁ ਮਹਲਾ ੫ ॥ ਤੂ ਵਡ ਦਾਤਾ ਅੰਤਰਜਾਮੀ ॥ ਸਭ ਮਹਿ ਰਵਿਆ ਪੂਰਨ ਪ੍ਰਭ ਸੁਆਮੀ ॥੧॥ ਮੇਰੇ ਪ੍ਰਭ ਪ੍ਰੀਤਮ ਨਾਮੁ ਅਧਾਰਾ ॥ ਹਉ ਸੁਣਿ ਸੁਣਿ ਜੀਵਾ ਨਾਮੁ ਤੁਮਾਰਾ ॥੧॥ ਰਹਾਉ ॥ ਤੇਰੀ ਸਰਣਿ ਸਤਿਗੁਰ ਮੇਰੇ ਪੂਰੇ ॥ ਮਨੁ ਨਿਰਮਲੁ ਹੋਇ ਸੰਤਾ ਧੂਰੇ ॥੨॥

ਚਰਨ ਕਮਲ ਹਿਰਦੈ ਉਰਿ ਧਾਰੇ ॥ ਤੇਰੇ ਦਰਸਨ ਕਉ ਜਾਈ ਬਲਿਹਾਰੇ ॥੩॥ ਕਰਿ ਕਿਰਪਾ ਤੇਰੇ ਗੁਣ ਗਾਵਾ ॥ ਨਾਨਕ ਨਾਮੁ ਜਪਤ ਸੁਖੁ ਪਾਵਾ ॥੪॥੫॥ {ਪੰਨਾ 563}

ਪਦਅਰਥ:- ਦਾਤਾ—ਬਖ਼ਸ਼ਸ਼ਾਂ ਕਰਨ ਵਾਲਾ । ਪੂਰਨ—ਸਰਬ-ਵਿਆਪਕ ।੧।

ਪ੍ਰਭ—ਹੇ ਪ੍ਰਭੂ! ਅਧਾਰਾ—ਆਸਰਾ । ਹਉ—ਮੈਂ । ਸੁਣਿ—ਸੁਣ ਕੇ । ਜੀਵਾ—ਜੀਵਾਂ, ਆਤਮਕ ਜੀਵਨ ਹਾਸਲ ਕਰਦਾ ਹਾਂ ।੧।ਰਹਾਉ।

ਸਤਿਗੁਰ—ਹੇ ਸਤਿਗੁਰੂ! ਧੂਰੇ—ਚਰਨ-ਧੂੜ ਵਿਚ ।੨।

ਉਰਿ—ਹਿਰਦੇ ਵਿਚ । ਜਾਈ—ਜਾਈਂ, ਮੈਂ ਜਾਂਦਾ ਹਾਂ । ਕਉ—ਨੂੰ, ਤੋਂ ।੩।

ਗਾਵਾ—ਗਾਵਾਂ, ਮੈਂ ਗਾਵਾਂ । ਪਾਵਾ—ਪਾਵਾਂ ।੪।

ਅਰਥ:- ਹੇ ਮੇਰੇ ਪ੍ਰੀਤਮ ਪ੍ਰਭੂ! ਤੇਰਾ ਨਾਮ (ਮੇਰੀ ਜ਼ਿੰਦਗੀ ਦਾ) ਆਸਰਾ ਹੈ । ਤੇਰਾ ਨਾਮ ਸੁਣ ਸੁਣ ਕੇ ਮੈਂ ਆਤਮਕ ਜੀਵਨ ਹਾਸਲ ਕਰਦਾ ਹਾਂ ।੧।ਰਹਾਉ।

ਹੇ ਮੇਰੇ ਸੁਆਮੀ! ਹੇ ਸਰਬ-ਵਿਆਪਕ ਪ੍ਰਭੂ! ਤੂੰ ਸਭ ਤੋਂ ਵੱਡਾ ਦਾਤਾ ਹੈਂ, ਤੂੰ (ਜੀਵਾਂ ਦੇ) ਦਿਲ ਦੀ ਜਾਣਨ ਵਾਲਾ ਹੈਂ, ਤੂੰ ਸਭ ਦੇ ਅੰਦਰ ਮੌਜੂਦ ਹੈਂ ।੧।

ਹੇ ਮੇਰੇ ਪੂਰੇ ਸਤਿਗੁਰੂ! ਮੈਂ ਤੇਰੀ ਸਰਨ ਆਇਆ ਹਾਂ, ਤੇਰੇ ਸੰਤ ਜਨਾਂ ਦੇ ਚਰਨਾਂ ਦੀ ਧੂੜ ਨਾਲ ਮਨ ਪਵਿਤ੍ਰ ਹੋ ਜਾਂਦਾ ਹੈ (ਤੇ, ਪਰਮਾਤਮਾ ਦਾ ਦਰਸਨ ਹੁੰਦਾ ਹੈ) ।੨।

ਹੇ ਪ੍ਰਭੂ! ਮੈਂ ਤੇਰੇ ਦਰਸਨ ਤੋਂ ਕੁਰਬਾਨ ਜਾਂਦਾ ਹਾਂ, ਤੇਰੇ ਸੋਹਣੇ ਕੋਮਲ ਚਰਨ ਮੈਂ ਆਪਣੇ ਹਿਰਦੇ ਵਿਚ ਟਿਕਾਏ ਹੋਏ ਹਨ ।੩।

ਹੇ ਨਾਨਕ (ਆਖ—ਹੇ ਪ੍ਰਭੂ!) ਮੇਹਰ ਕਰ, ਮੈਂ ਤੇਰੇ ਗੁਣ ਗਾਂਦਾ ਰਹਾਂ, ਤੇ, ਤੇਰਾ ਨਾਮ ਜਪਦਿਆਂ ਆਤਮਕ ਆਨੰਦ ਮਾਣਦਾ ਰਹਾਂ ।੪।੫।

ਵਡਹੰਸੁ ਮਹਲਾ ੫ ॥ ਸਾਧਸੰਗਿ ਹਰਿ ਅੰਮ੍ਰਿਤੁ ਪੀਜੈ ॥ ਨਾ ਜੀਉ ਮਰੈ ਨ ਕਬਹੂ ਛੀਜੈ ॥੧॥ ਵਡਭਾਗੀ ਗੁਰੁ ਪੂਰਾ ਪਾਈਐ ॥ ਗੁਰ ਕਿਰਪਾ ਤੇ ਪ੍ਰਭੂ ਧਿਆਈਐ ॥੧॥ ਰਹਾਉ ॥ ਰਤਨ ਜਵਾਹਰ ਹਰਿ ਮਾਣਕ ਲਾਲਾ ॥ ਸਿਮਰਿ ਸਿਮਰਿ ਪ੍ਰਭ ਭਏ ਨਿਹਾਲਾ ॥੨॥ ਜਤ ਕਤ ਪੇਖਉ ਸਾਧੂ ਸਰਣਾ ॥ ਹਰਿ ਗੁਣ ਗਾਇ ਨਿਰਮਲ ਮਨੁ ਕਰਣਾ ॥੩॥ ਘਟ ਘਟ ਅੰਤਰਿ ਮੇਰਾ ਸੁਆਮੀ ਵੂਠਾ ॥ ਨਾਨਕ ਨਾਮੁ ਪਾਇਆ ਪ੍ਰਭੁ ਤੂਠਾ ॥੪॥੬॥ {ਪੰਨਾ 563}

ਪਦਅਰਥ:- ਸਾਧ ਸੰਗਿ—ਗੁਰੂ ਦੀ ਸੰਗਤਿ ਵਿਚ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ-ਜਲ । ਪੀਜੈ—ਪੀ ਸਕੀਦਾ ਹੈ । ਜੀਉ—ਜਿੰਦ । ਨਾ ਮਰੈ—ਆਤਮਕ ਮੌਤੇ ਨਹੀਂ ਮਰਦੀ । ਨ ਛੀਜੈ—ਆਤਮਕ ਜੀਵਨ ਵਿਚ ਕਮਜ਼ੋਰ ਨਹੀਂ ਹੁੰਦੀ ।੧।

ਤੇ—ਤੋਂ, ਨਾਲ ।੧।ਰਹਾਉ।

ਮਾਣਕ—ਮੋਤੀ । ਸਿਮਰਿ—ਸਿਮਰ ਕੇ । ਨਿਹਾਲਾ—ਪ੍ਰਸੰਨ, ਖ਼ੁਸ਼ ।੨।

ਜਤ ਕਤ—ਜਿਧਰ ਕਿਧਰ । ਪੇਖਉ—ਮੈਂ ਵੇਖਦਾ ਹਾਂ । ਸਾਧੂ—ਗੁਰੂ । ਗਾਇ—ਗਾ ਕੇ ।

ਨਿਰਮਲ—ਪਵਿਤ੍ਰ ।੩।

ਘਟ—ਸਰੀਰ । ਵੂਠਾ—ਵੱਸਦਾ ਹੈ । ਤੂਠਾ—ਪ੍ਰਸੰਨ ਹੁੰਦਾ ਹੈ ।੪।

ਅਰਥ:- ਹੇ ਭਾਈ! ਪੂਰਾ ਗੁਰੂ ਵੱਡੀ ਕਿਸਮਤਿ ਨਾਲ ਮਿਲਦਾ ਹੈ, ਤੇ, ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦਾ ਸਿਮਰਨ ਕੀਤਾ ਜਾ ਸਕਦਾ ਹੈ ।੧।ਰਹਾਉ।

ਹੇ ਭਾਈ! ਗੁਰੂ ਦੀ ਸੰਗਤਿ ਵਿਚ ਹੀ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਜਲ ਪੀਤਾ ਜਾ ਸਕਦਾ ਹੈ, (ਇਸ ਨਾਮ-ਜਲ ਦੀ ਬਰਕਤਿ ਨਾਲ) ਜਿੰਦ ਨਾਹ ਆਤਮਕ ਮੌਤੇ ਮਰਦੀ ਹੈ, ਨਾਹ ਕਦੇ ਆਤਮਕ ਜੀਵਨ ਵਿਚ ਲਿੱਸੀ ਹੁੰਦੀ ਹੈ ।੧।

ਹੇ ਭਾਈ! ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਬਚਨ (ਮਾਨੋ) ਰਤਨ ਹਨ, ਜਵਾਹਰ ਹਨ, ਮੋਤੀ ਹਨ, ਲਾਲ ਹਨ । ਪ੍ਰਭੂ ਜੀ ਦਾ ਨਾਮ ਸਿਮਰ ਸਿਮਰ ਕੇ ਸਦਾ ਖਿੜੇ ਰਹੀਦਾ ਹੈ ।੨।

ਹੇ ਭਾਈ! ਮੈਂ ਜਿਧਰ ਕਿਧਰ ਵੇਖਦਾ ਹਾਂ, ਗੁਰੂ ਦੀ ਸਰਨ ਹੀ (ਇਕ ਐਸਾ ਥਾਂ ਹੈ ਜਿਥੇ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾ ਗਾ ਕੇ ਮਨ ਨੂੰ ਪਵਿਤ੍ਰ ਕੀਤਾ ਜਾ ਸਕਦਾ ਹੈ ।੩।

ਹੇ ਨਾਨਕ! (ਆਖ—) ਮੇਰਾ ਮਾਲਕ-ਪ੍ਰਭੂ (ਉਂਞ ਤਾਂ) ਹਰੇਕ ਸਰੀਰ ਵਿਚ ਵੱਸਦਾ ਹੈ (ਪਰ ਜਿਸ ਮਨੁੱਖ ਉੱਤੇ ਉਹ) ਪ੍ਰਭੂ ਪ੍ਰਸੰਨ ਹੁੰਦਾ ਹੈ (ਉਹੀ ਉਸ ਦਾ) ਨਾਮ (-ਸਿਮਰਨ) ਪ੍ਰਾਪਤ ਕਰਦਾ ਹੈ ।੪।੬।

ਵਡਹੰਸੁ ਮਹਲਾ ੫ ॥ ਵਿਸਰੁ ਨਾਹੀ ਪ੍ਰਭ ਦੀਨ ਦਇਆਲਾ ॥ ਤੇਰੀ ਸਰਣਿ ਪੂਰਨ ਕਿਰਪਾਲਾ ॥੧॥ ਰਹਾਉ ॥ ਜਹ ਚਿਤਿ ਆਵਹਿ ਸੋ ਥਾਨੁ ਸੁਹਾਵਾ ॥ ਜਿਤੁ ਵੇਲਾ ਵਿਸਰਹਿ ਤਾ ਲਾਗੈ ਹਾਵਾ ॥੧॥ ਤੇਰੇ ਜੀਅ ਤੂ ਸਦ ਹੀ ਸਾਥੀ ॥ ਸੰਸਾਰ ਸਾਗਰ ਤੇ ਕਢੁ ਦੇ ਹਾਥੀ ॥੨॥ ਆਵਣੁ ਜਾਣਾ ਤੁਮ ਹੀ ਕੀਆ ॥ ਜਿਸੁ ਤੂ ਰਾਖਹਿ ਤਿਸੁ ਦੂਖੁ ਨ ਥੀਆ ॥੩॥ ਤੂ ਏਕੋ ਸਾਹਿਬੁ ਅਵਰੁ ਨ ਹੋਰਿ ॥ ਬਿਨਉ ਕਰੈ ਨਾਨਕੁ ਕਰ ਜੋਰਿ ॥੪॥੭॥ {ਪੰਨਾ 563}

ਪਦਅਰਥ:- ਵਿਸਰੁ ਨਾਹੀ—ਨਾਹ ਭੁੱਲ । ਪ੍ਰਭ—ਹੇ ਪ੍ਰਭੂ! ਪੂਰਨ—ਹੇ ਸਰਬ-ਵਿਆਪਕ ।੧।ਰਹਾਉ।

ਜਹ—ਜਿੱਥੇ । ਚਿਤਿ—ਚਿੱਤ ਵਿਚ । ਜਹ ਚਿਤਿ—ਜਿਸ ਚਿੱਤ ਵਿਚ । ਥਾਨੁ—ਹਿਰਦਾ-ਥਾਂ । ਜਿਤੁ—ਜਿਸ ਵਿਚ । ਹਾਵਾ—ਹਾਹੁਕਾ ।੧।

ਜੀਅ—{ਲਫ਼ਜ਼ 'ਜੀਉ' ਤੋਂ ਬਹੁ-ਵਚਨ} । ਸਦ—ਸਦਾ । ਤੇ—ਤੋਂ, ਵਿਚੋਂ । ਦੇ—ਦੇ ਕੇ । ਹਾਥੀ—ਹੱਥ ।੨।

ਆਵਣੁ ਜਾਣਾ—ਜਨਮ ਮਰਨ ਦਾ ਗੇੜ ।੩।

ਸਾਹਿਬੁ—ਮਾਲਕ । ਏਕੋ—ਇੱਕ ਹੀ । ਹੋਰਿ—{ਲਫ਼ਜ਼ 'ਹੋਰ' ਤੋਂ ਬਹੁ-ਵਚਨ} । ਬਿਨਉ—ਬੇਨਤੀ । ਨਾਨਕੁ ਕਰੈ—ਨਾਨਕ ਕਰਦਾ ਹੈ {ਲਫ਼ਜ਼ 'ਨਾਨਕ' ਅਤੇ 'ਨਾਨਕੁ' ਦਾ ਫ਼ਰਕ ਚੇਤੇ ਰੱਖੋ} । ਕਰ—(ਦੋਵੇਂ) ਹੱਥ । ਜੋਰਿ—ਜੋੜ ਕੇ ।੪।

ਅਰਥ:- ਹੇ ਦੀਨਾਂ ਉਤੇ ਦਇਆ ਕਰਨ ਵਾਲੇ ਪ੍ਰਭੂ! ਹੇ ਸਰਬ-ਵਿਆਪਕ! ਹੇ ਕਿਰਪਾ ਦੇ ਘਰ! ਮੈਂ

ਤੇਰੀ ਸਰਨ ਆਇਆ ਹਾਂ, (ਮੇਹਰ ਕਰ, ਮੇਰੇ ਹਿਰਦੇ ਤੋਂ ਕਦੇ) ਨਾਹ ਭੁੱਲ ।੧।ਰਹਾਉ।

ਹੇ ਪ੍ਰਭੂ! ਜਿਸ ਹਿਰਦੇ ਵਿਚ ਤੂੰ ਆ ਵੱਸਦਾ ਹੈਂ ਉਹ ਹਿਰਦਾ-ਥਾਂ ਸੋਹਣਾ ਬਣ ਜਾਂਦਾ ਹੈ । ਜਿਸ ਵੇਲੇ ਤੂੰ (ਮੈਨੂੰ) ਭੁੱਲ ਜਾਂਦਾ ਹੈ ਤਦੋਂ (ਮੈਨੂੰ) ਹਾਹੁਕਾ ਲੱਗਦਾ ਹੈ ।੧।

(ਹੇ ਪ੍ਰਭੂ! ਇਹ ਸਾਰੇ) ਜੀਵ ਤੇਰੇ (ਪੈਦਾ ਕੀਤੇ ਹੋਏ ਹਨ), ਤੂੰ (ਇਹਨਾਂ ਜੀਵਾਂ ਦਾ) ਸਦਾ ਹੀ ਮਦਦ ਕਰਨ ਵਾਲਾ ਹੈਂ । (ਹੇ ਪ੍ਰਭੂ! ਆਪਣਾ) ਹੱਥ ਦੇ ਕੇ (ਜੀਵਾਂ ਨੂੰ) ਸੰਸਾਰ-ਸਮੁੰਦਰ ਵਿਚੋਂ ਕੱਢ ਲੈ ।੨।

(ਹੇ ਪ੍ਰਭੂ! ਜੀਵਾਂ ਵਾਸਤੇ) ਜਨਮ ਮਰਨ ਦਾ ਗੇੜ ਤੂੰ ਹੀ ਬਣਾਇਆ ਹੋਇਆ ਹੈ, ਜਿਸ ਜੀਵ ਨੂੰ ਤੂੰ (ਇਸ ਗੇੜ ਵਿਚੋਂ) ਬਚਾ ਲੈਂਦਾ ਹੈਂ, ਉਸ ਨੂੰ ਕੋਈ ਦੁਖ ਪੋਹ ਨਹੀਂ ਸਕਦਾ ।੩।

ਹੇ ਪ੍ਰਭੂ! ਤੂੰ ਹੀ ਇਕ ਮਾਲਕ ਹੈਂ, ਹੋਰ ਅਨੇਕਾਂ ਜੀਵ (ਤੇਰੇ ਬਣਾਏ ਹੋਏ ਹਨ, ਇਹਨਾਂ ਵਿਚੋਂ) ਕੋਈ ਭੀ (ਤੇਰੇ ਵਰਗਾ) ਨਹੀਂ । ਨਾਨਕ (ਤੇਰੇ ਅੱਗੇ ਹੀ) ਹੱਥ ਜੋੜ ਕੇ ਬੇਨਤੀ ਕਰਦਾ ਹੈ ।੪।੭।

ਵਡਹੰਸੁ ਮਃ ੫ ॥ ਤੂ ਜਾਣਾਇਹਿ ਤਾ ਕੋਈ ਜਾਣੈ ॥ ਤੇਰਾ ਦੀਆ ਨਾਮੁ ਵਖਾਣੈ ॥੧॥ ਤੂ ਅਚਰਜੁ ਕੁਦਰਤਿ ਤੇਰੀ ਬਿਸਮਾ ॥੧॥ ਰਹਾਉ ॥ ਤੁਧੁ ਆਪੇ ਕਾਰਣੁ ਆਪੇ ਕਰਣਾ ॥ ਹੁਕਮੇ ਜੰਮਣੁ ਹੁਕਮੇ ਮਰਣਾ ॥੨॥ ਨਾਮੁ ਤੇਰਾ ਮਨ ਤਨ ਆਧਾਰੀ ॥ ਨਾਨਕ ਦਾਸੁ ਬਖਸੀਸ ਤੁਮਾਰੀ ॥੩॥੮॥ {ਪੰਨਾ 563-564}

ਪਦਅਰਥ:- ਜਾਣਾਇਹਿ—ਤੂੰ ਜਣਾਂਦਾ ਹੈਂ, ਤੂੰ ਸੂਝ ਦੇਂਦਾ ਹੈਂ । ਤਾ—ਤਦੋਂ । ਜਾਣੈ—ਡੂੰਘੀ ਸਾਂਝ ਪਾਂਦਾ ਹੈ । ਵਖਾਣੈ—ਉਚਾਰਦਾ ਹੈ, ਸਿਮਰਦਾ ਹੈ ।੧।

ਅਚਰਜੁ—ਹੈਰਾਨ ਕਰ ਦੇਣ ਵਾਲੇ ਸਰੂਪ ਵਾਲਾ । ਕੁਦਰਤਿ—ਰਚਨਾ । ਬਿਸਮਾ—ਹੈਰਾਨਗੀ ਪੈਦਾ ਕਰਨ ਵਾਲੀ ।੧।ਰਹਾਉ।

ਆਪੇ—ਆਪ ਹੀ । ਕਾਰਣੁ—ਸਬੱਬ, ਰਚਨਾ ਪੈਦਾ ਕਰਨ ਦਾ ਵਸੀਲਾ । ਕਰਣਾ—ਜਗਤ । ਹੁਕਮੇ—ਹੁਕਮ ਵਿਚ ਹੀ ।੨।

ਮਨ ਤਨ ਆਧਾਰੀ—ਮਨ ਦਾ ਤਨ ਦਾ ਆਸਰਾ । ਨਾਨਕ—ਹੇ ਨਾਨਕ! ।੩।

ਅਰਥ:- ਹੇ ਪ੍ਰਭੂ! ਤੂੰ ਹੈਰਾਨ ਕਰ ਦੇਣ ਵਾਲੀ ਹਸਤੀ ਵਾਲਾ ਹੈਂ । ਤੇਰੀ ਰਚੀ ਰਚਨਾ ਭੀ ਹੈਰਾਨਗੀ ਪੈਦਾ ਕਰਨ ਵਾਲੀ ਹੈ ।੧।ਰਹਾਉ।

ਹੇ ਪ੍ਰਭੂ! ਜਦੋਂ ਕਿਸੇ ਮਨੁੱਖ ਨੂੰ ਤੂੰ ਸੂਝ ਬਖ਼ਸ਼ਦਾ ਹੈਂ, ਤਦੋਂ ਹੀ ਕੋਈ ਤੇਰੇ ਨਾਲ ਡੂੰਘੀ ਸਾਂਝ ਪਾਂਦਾ ਹੈ, ਤੇ, ਤੇਰਾ ਬਖ਼ਸ਼ਿਆ ਹੋਇਆ ਤੇਰਾ ਨਾਮ ਉਚਾਰਦਾ ਹੈ ।੧।

ਹੇ ਪ੍ਰਭੂ! ਤੂੰ ਆਪ ਹੀ (ਜਗਤ-ਰਚਨਾ ਦਾ) ਵਸੀਲਾ (ਬਣਾਣ ਵਾਲਾ) ਹੈਂ, ਤੂੰ ਆਪ ਹੀ ਜਗਤ ਹੈਂ (ਇਹ ਸਾਰਾ ਜਗਤ ਤੇਰਾ ਹੀ ਸਰੂਪ ਹੈ) । ਤੇਰੇ ਹੁਕਮ ਵਿਚ ਹੀ (ਜੀਵਾਂ ਦਾ) ਜਨਮ ਹੁੰਦਾ ਹੈ, ਤੇਰੇ ਹੁਕਮ ਵਿਚ ਹੀ ਮੌਤ ਆਉਂਦੀ ਹੈ ।੨।

ਹੇ ਪ੍ਰਭੂ! ਤੇਰਾ ਨਾਮ ਮੇਰੇ ਮਨ ਦਾ ਮੇਰੇ ਸਰੀਰ ਦਾ ਆਸਰਾ ਹੈ । ਹੇ ਨਾਨਕ! (ਆਖ—ਹੇ ਪ੍ਰਭੂ! ਆਪਣਾ ਨਾਮ ਬਖ਼ਸ਼) ਤੇਰਾ ਦਾਸ ਤੇਰੀ ਬਖ਼ਸ਼ਸ਼ (ਦਾ ਆਸਵੰਦ ਹੈ) ।੩।੮।

ਵਡਹੰਸੁ ਮਹਲਾ ੫ ਘਰੁ ੨ ੴ ਸਤਿਗੁਰ ਪ੍ਰਸਾਦਿ ॥ ਮੇਰੈ ਅੰਤਰਿ ਲੋਚਾ ਮਿਲਣ ਕੀ ਪਿਆਰੇ ਹਉ ਕਿਉ ਪਾਈ ਗੁਰ ਪੂਰੇ ॥ ਜੇ ਸਉ ਖੇਲ ਖੇਲਾਈਐ ਬਾਲਕੁ ਰਹਿ ਨ ਸਕੈ ਬਿਨੁ ਖੀਰੇ ॥ ਮੇਰੈ ਅੰਤਰਿ ਭੁਖ ਨ ਉਤਰੈ ਅੰਮਾਲੀ ਜੇ ਸਉ ਭੋਜਨ ਮੈ ਨੀਰੇ ॥ ਮੇਰੈ ਮਨਿ ਤਨਿ ਪ੍ਰੇਮੁ ਪਿਰੰਮ ਕਾ ਬਿਨੁ ਦਰਸਨ ਕਿਉ ਮਨੁ ਧੀਰੇ ॥੧॥ {ਪੰਨਾ 564}

ਪਦਅਰਥ:- ਅੰਤਰਿ—ਅੰਦਰ । ਲੋਚਾ—ਤਾਂਘ । ਹਉ—ਮੈਂ । ਕਿਉ—ਕਿਵੇਂ? ਪਾਈ—ਪਾਈਂ, ਮੈਂ ਲੱਭਾਂ । ਸਉ—ਸੌ ਵਾਰੀ । ਖੀਰ—ਦੁੱਧ । ਅੰਮਾਲੀ—ਹੇ ਸਖੀ! ਹੇ ਸਹੇਲੀ! ਭੋਜਨ—ਖਾਣੇ । ਮੈ—ਮੇਰੇ ਅੱਗੇ । ਨੀਰੇ—ਪ੍ਰੋਸੇ ਜਾਣ । ਮਨਿ—ਮਨ ਵਿਚ । ਤਨਿ—ਸਰੀਰ ਵਿਚ, ਹਿਰਦੇ ਵਿਚ । ਪਿਰੰਮ ਕਾ—ਪਿਆਰੇ ਦਾ । ਧੀਰੇ—ਸ਼ਾਂਤੀ ਪ੍ਰਾਪਤ ਕਰੇ ।੧।

ਅਰਥ:- ਹੇ ਪਿਆਰੇ! ਮੇਰੇ ਮਨ ਵਿਚ (ਗੁਰੂ ਨੂੰ) ਮਿਲਣ ਦੀ ਤਾਂਘ ਹੈ । ਮੈਂ ਕਿਸ ਤਰ੍ਹਾਂ ਪੂਰੇ ਗੁਰੂ ਨੂੰ ਲੱਭਾਂ? ਹੇ ਸਹੇਲੀ! ਜੇ ਬਾਲਕ ਨੂੰ ਸੌ ਖੇਡਾਂ ਨਾਲ ਖਿਡਾਇਆ ਜਾਏ (ਪਰਚਾਇਆ ਜਾਏ), ਤਾਂ ਭੀ ਉਹ ਦੁੱਧ ਤੋਂ ਬਿਨਾ ਨਹੀਂ ਰਹਿ ਸਕਦਾ । (ਤਿਵੇਂ ਹੀ) ਹੇ ਸਖੀ! ਜੇ ਮੈਨੂੰ ਸੌ ਭੋਜਨ ਭੀ ਦਿੱਤੇ ਜਾਣ, ਤਾਂ ਭੀ ਮੇਰੇ ਅੰਦਰ (ਵੱਸਦੀ ਪ੍ਰਭੂ-ਮਿਲਾਪ ਦੀ) ਭੁੱਖ ਲਹਿ ਨਹੀਂ ਸਕਦੀ । ਹੇ ਸਹੇਲੀ! ਮੇਰੇ ਮਨ ਵਿਚ ਮੇਰੇ ਹਿਰਦੇ ਵਿਚ, ਪਿਆਰੇ ਪ੍ਰਭੂ ਦਾ ਪ੍ਰੇਮ ਵੱਸ ਰਿਹਾ ਹੈ । (ਉਸ ਦੇ) ਦਰਸਨ ਤੋਂ ਬਿਨਾ ਮੇਰਾ ਮਨ ਸ਼ਾਂਤੀ ਨਹੀਂ ਹਾਸਲ ਕਰ ਸਕਦਾ ।੧।

ਸੁਣਿ ਸਜਣ ਮੇਰੇ ਪ੍ਰੀਤਮ ਭਾਈ ਮੈ ਮੇਲਿਹੁ ਮਿਤ੍ਰੁ ਸੁਖਦਾਤਾ ॥ ਓਹੁ ਜੀਅ ਕੀ ਮੇਰੀ ਸਭ ਬੇਦਨ ਜਾਣੈ ਨਿਤ ਸੁਣਾਵੈ ਹਰਿ ਕੀਆ ਬਾਤਾ ॥ ਹਉ ਇਕੁ ਖਿਨੁ ਤਿਸੁ ਬਿਨੁ ਰਹਿ ਨ ਸਕਾ ਜਿਉ ਚਾਤ੍ਰਿਕੁ ਜਲ ਕਉ ਬਿਲਲਾਤਾ ॥ ਹਉ ਕਿਆ ਗੁਣ ਤੇਰੇ ਸਾਰਿ ਸਮਾਲੀ ਮੈ ਨਿਰਗੁਣ ਕਉ ਰਖਿ ਲੇਤਾ ॥੨॥ {ਪੰਨਾ 564}

ਪਦਅਰਥ:- ਸਜਣ—ਹੇ ਸੱਜਣ! ਭਾਈ—ਹੇ ਵੀਰ! ਮੈਂ—ਮੈਨੂੰ । ਓਹੁ—ਉਹ ਮਿਤ੍ਰ ਗੁਰੂ । ਜੀਅ ਕੀ—ਜਿੰਦ ਦੀ । ਬੇਦਨ—ਵੇਦਨ, ਪੀੜ, ਦੁੱਖ । ਕੀਆ—ਦੀਆਂ । ਤਿਸੁ ਬਿਨੁ—ਉਸ (ਪਰਮਾਤਮਾ) ਤੋਂ ਬਿਨਾ । ਚਾਤ੍ਰਿਕੁ—ਪਪੀਹਾ । ਕਉ—ਵਾਸਤੇ, ਦੀ ਖ਼ਾਤਰ । ਹਉ—ਮੈਂ । ਸਾਰਿ—ਚੇਤੇ ਕਰ ਕੇ । ਸਮਾਲੀ—ਸਮਾਲੀਂ, ਮੈਂ ਹਿਰਦੇ ਵਿਚ ਵਸਾਵਾਂ ।੨।

ਅਰਥ:- ਹੇ ਮੇਰੇ ਸੱਜਣ! ਹੇ ਮੇਰੇ ਪਿਆਰੇ ਵੀਰ! (ਮੇਰੀ ਬੇਨਤੀ) ਸੁਣ । ਮੈਨੂੰ ਆਤਮਕ ਆਨੰਦ ਦੇਣ ਵਾਲਾ ਮਿਤ੍ਰ-ਗੁਰੂ ਮਿਲਾ । ਉਹ (ਗੁਰੂ) ਮੇਰੀ ਜਿੰਦ ਦੀ ਸਾਰੀ ਪੀੜਾ ਜਾਣਦਾ ਹੈ, ਤੇ, ਮੈਨੂੰ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਸੁਣਾਂਦਾ ਹੈ । (ਹੇ ਵੀਰ!) ਮੈਂ ਉਸ (ਪਰਮਾਤਮਾ) ਤੋਂ ਬਿਨਾ ਰਤਾ ਭਰ ਸਮਾ ਭੀ ਨਹੀਂ ਰਹਿ ਸਕਦਾ (ਉਸ ਦੇ ਵਿਛੋੜੇ ਵਿਚ ਮੈਂ ਤੜਫਦਾ ਹਾਂ) ਜਿਵੇਂ ਪਪੀਹਾ ਵਰਖਾ ਦੀ ਬੂੰਦ ਦੀ ਖ਼ਾਤਰ ਵਿਲਕਦਾ ਹੈ ।

ਹੇ ਪ੍ਰਭੂ! ਤੇਰੇ ਕੇਹੜੇ ਕੇਹੜੇ ਗੁਣ ਚੇਤੇ ਕਰ ਕੇ ਮੈਂ ਆਪਣੇ ਹਿਰਦੇ ਵਿਚ ਵਸਾਵਾਂ? ਤੂੰ ਮੈਨੂੰ ਗੁਣ-ਹੀਣ ਨੂੰ (ਸਦਾ) ਬਚਾ ਲੈਂਦਾ ਹੈਂ ।੨।

ਹਉ ਭਈ ਉਡੀਣੀ ਕੰਤ ਕਉ ਅੰਮਾਲੀ ਸੋ ਪਿਰੁ ਕਦਿ ਨੈਣੀ ਦੇਖਾ ॥ ਸਭਿ ਰਸ ਭੋਗਣ ਵਿਸਰੇ ਬਿਨੁ ਪਿਰ ਕਿਤੈ ਨ ਲੇਖਾ ॥ ਇਹੁ ਕਾਪੜੁ ਤਨਿ ਨ ਸੁਖਾਵਈ ਕਰਿ ਨ ਸਕਉ ਹਉ ਵੇਸਾ ॥ ਜਿਨੀ ਸਖੀ ਲਾਲੁ ਰਾਵਿਆ ਪਿਆਰਾ ਤਿਨ ਆਗੈ ਹਮ ਆਦੇਸਾ ॥੩॥ {ਪੰਨਾ 564}

ਪਦਅਰਥ:- ਹਉ—ਮੈਂ । ਉਡੀਣੀ—ਉਦਾਸ, ਉਤਾਵਲੀ । ਅੰਮਾਲੀ—ਹੇ ਸਖੀ! ਕਦਿ—ਕਦੋਂ? ਨੈਣੀ—ਅੱਖਾਂ ਨਾਲ । ਦੇਖਾ—ਦੇਖਾਂ, ਮੈਂ ਵੇਖਾਂਗੀ । ਸਭਿ—ਸਾਰੇ । ਕਿਤੈ ਨ ਲੇਖੈ—ਕਿਸੇ ਕੰਮ ਨਹੀਂ । ਕਾਪੜੁ—ਕੱਪੜਾ । ਤਨਿ—ਸਰੀਰ ਉਤੇ । ਨ ਸੁਖਾਵਈ—ਨਹੀਂ ਸੁਖਾਂਦਾ, ਨਹੀਂ ਭਾਉਂਦਾ । ਵੇਸਾ—ਪਹਿਰਾਵੇ । ਆਦੇਸਾ—ਨਮਸਕਾਰ, ਅਰਜ਼ੋਈ ।੩।

ਅਰਥ:- ਹੇ ਸਖੀ! ਮੈਂ ਪ੍ਰਭੂ-ਪਤੀ ਨੂੰ ਮਿਲਣ ਵਾਸਤੇ ਉਤਾਵਲੀ ਹੋ ਰਹੀ ਹਾਂ । ਮੈਂ ਕਦੋਂ ਉਸ ਪਤੀ ਨੂੰ ਆਪਣੀਆਂ ਅੱਖਾਂ ਨਾਲ ਵੇਖਾਂਗੀ? ਪ੍ਰਭੂ-ਪਤੀ ਦੇ ਮਿਲਾਪ ਤੋਂ ਬਿਨਾ ਮੈਨੂੰ ਸਾਰੇ ਪਦਾਰਥਾਂ ਦੇ ਭੋਗ ਭੁੱਲ ਚੁੱਕੇ ਹਨ, ਇਹ ਪਦਾਰਥ ਪ੍ਰਭੂ-ਪਤੀ ਤੋਂ ਬਿਨਾ ਮੇਰੇ ਕਿਸੇ ਕੰਮ ਨਹੀਂ । ਹੇ ਸਹੇਲੀ! ਮੈਨੂੰ ਤਾਂ ਆਪਣੇ ਸਰੀਰ ਉੱਤੇ ਇਹ ਕੱਪੜਾ ਭੀ ਨਹੀਂ ਸੁਖਾਂਦਾ, ਤਾਹੀਏਂ ਮੈਂ ਕੋਈ ਪਹਿਰਾਵਾ ਨਹੀਂ ਕਰ ਸਕਦੀ । ਜਿਨ੍ਹਾਂ ਸਹੇਲੀਆਂ ਨੇ ਪਿਆਰੇ ਲਾਲ ਨੂੰ ਪ੍ਰਸੰਨ ਕਰ ਲਿਆ ਹੈ, ਮੈਂ ਉਹਨਾਂ ਅੱਗੇ ਅਰਜ਼ੋਈ ਕਰਦੀ ਹਾਂ (ਕਿ ਮੈਨੂੰ ਭੀ ਉਸ ਦੇ ਚਰਨਾਂ ਵਿਚ ਜੋੜ ਦੇਣ) ।੩।

ਮੈ ਸਭਿ ਸੀਗਾਰ ਬਣਾਇਆ ਅੰਮਾਲੀ ਬਿਨੁ ਪਿਰ ਕਾਮਿ ਨ ਆਏ ॥ ਜਾ ਸਹਿ ਬਾਤ ਨ ਪੁਛੀਆ ਅੰਮਾਲੀ ਤਾ ਬਿਰਥਾ ਜੋਬਨੁ ਸਭੁ ਜਾਏ ॥ ਧਨੁ ਧਨੁ ਤੇ ਸੋਹਾਗਣੀ ਅੰਮਾਲੀ ਜਿਨ ਸਹੁ ਰਹਿਆ ਸਮਾਏ ॥ ਹਉ ਵਾਰਿਆ ਤਿਨ ਸੋਹਾਗਣੀ ਅੰਮਾਲੀ ਤਿਨ ਕੇ ਧੋਵਾ ਸਦ ਪਾਏ ॥੪॥ {ਪੰਨਾ 564}

ਪਦਅਰਥ:- ਸਭਿ—ਸਾਰੇ । ਕਾਮਿ—ਕੰਮ ਵਿਚ । ਸਹਿ—ਸਹੁ ਨੇ । ਬਿਰਥਾ—ਵਿਅਰਥ । ਜੋਬਨੁ—ਜਵਾਨੀ । ਧਨੁ ਧਨੁ—ਭਾਗਾਂ ਵਾਲੀਆਂ । ਸਹੁ—ਖਸਮ {ਲਫ਼ਜ਼ 'ਸਹਿ' ਅਤੇ 'ਸਹੁ' ਦਾ ਫ਼ਰਕ ਵੇਖੋ} । ਵਾਰਿਆ—ਕੁਰਬਾਨ । ਧੋਵਾ—ਧੋਵਾਂ, ਮੈਂ ਧੋਂਦਾ ਹਾਂ । ਸਦ—ਸਦਾ । ਪਾਏ—ਪੈਰ ।੪।

ਅਰਥ:- ਹੇ ਸਹੇਲੀ! ਜੇ ਮੈਂ ਸਾਰੇ ਸਿੰਗਾਰ ਕਰ ਭੀ ਲਏ, ਤਾਂ ਭੀ ਪ੍ਰਭੂ-ਪਤੀ ਦੇ ਮਿਲਾਪ ਤੋਂ ਬਿਨਾ (ਇਹ ਸਿੰਗਾਰ) ਕਿਸੇ ਕੰਮ ਨਹੀਂ ਆਉਂਦੇ । ਹੇ ਸਖੀ! ਜੇ ਪ੍ਰਭੂ-ਪਤੀ ਨੇ ਮੇਰੀ ਵਾਤ ਹੀ ਨਾਹ ਪੁੱਛੀ (ਮੇਰੇ ਵਲ ਧਿਆਨ ਹੀ ਨਾਹ ਕੀਤਾ) ਤਾਂ ਮੇਰੀ ਤਾਂ ਸਾਰੀ ਜਵਾਨੀ ਹੀ ਵਿਅਰਥ ਚਲੀ ਜਾਵੇਗੀ । ਹੇ ਸਖੀ! ਉਹ ਸੁਹਾਗਣਾਂ ਬਹੁਤ ਭਾਗਾਂ ਵਾਲੀਆਂ ਹਨ ਜਿਨ੍ਹਾਂ ਦੇ ਹਿਰਦੇ ਵਿਚ ਖਸਮ-ਪ੍ਰਭੂ ਸਦਾ ਟਿਕਿਆ ਰਹਿੰਦਾ ਹੈ । ਹੇ ਸਹੇਲੀ! ਮੈਂ ਉਹਨਾਂ ਸੁਹਾਗਣਾਂ ਤੋਂ ਕੁਰਬਾਨ ਹਾਂ, ਮੈਂ ਸਦਾ ਉਹਨਾਂ ਦੇ ਪੈਰ ਧੋਂਦੀ ਹਾਂ (ਧੋਣ ਨੂੰ ਤਿਆਰ ਹਾਂ) ।੪।

ਜਿਚਰੁ ਦੂਜਾ ਭਰਮੁ ਸਾ ਅੰਮਾਲੀ ਤਿਚਰੁ ਮੈ ਜਾਣਿਆ ਪ੍ਰਭੁ ਦੂਰੇ ॥ ਜਾ ਮਿਲਿਆ ਪੂਰਾ ਸਤਿਗੁਰੂ ਅੰਮਾਲੀ ਤਾ ਆਸਾ ਮਨਸਾ ਸਭ ਪੂਰੇ ॥ ਮੈ ਸਰਬ ਸੁਖਾ ਸੁਖ ਪਾਇਆ ਅੰਮਾਲੀ

ਪਿਰੁ ਸਰਬ ਰਹਿਆ ਭਰਪੂਰੇ ॥ ਜਨ ਨਾਨਕ ਹਰਿ ਰੰਗੁ ਮਾਣਿਆ ਅੰਮਾਲੀ ਗੁਰ ਸਤਿਗੁਰ ਕੈ ਲਗਿ ਪੈਰੇ ॥੫॥੧॥੯॥ {ਪੰਨਾ 564}

ਪਦਅਰਥ:- ਭਰਮੁ—ਭੁਲੇਖਾ । ਸਾ—ਸੀ । ਜਾ—ਜਦੋਂ । ਮਨਸਾ—{mnl—w} ਤਾਂਘ, ਮਨ ਦਾ ਫੁਰਨਾ । ਸਰਬ—ਸਭਨਾਂ ਵਿਚ । ਰੰਗ—ਆਨੰਦ । ਕੈ ਪੈਰੇ—ਦੇ ਚਰਨਾਂ ਵਿਚ । ਲਗਿ—ਲੱਗ ਕੇ ।੫।

ਅਰਥ:- ਹੇ ਸਹੇਲੀ! ਜਿਤਨਾ ਚਿਰ ਮੈਨੂੰ ਕਿਸੇ ਹੋਰ (ਦੇ ਆਸਰੇ) ਦਾ ਭੁਲੇਖਾ ਸੀ, ਉਤਨਾ ਚਿਰ ਮੈਂ ਪ੍ਰਭੂ ਨੂੰ (ਆਪਣੇ ਤੋਂ) ਦੂਰ (-ਵੱਸਦਾ) ਜਾਣਦੀ ਰਹੀ । ਪਰ, ਹੇ ਸਹੇਲੀ! ਜਦੋਂ ਮੈਨੂੰ ਪੂਰਾ ਗੁਰੂ ਮਿਲ ਪਿਆ, ਤਾਂ ਮੇਰੀ ਹਰੇਕ ਆਸ ਹਰੇਕ ਤਾਂਘ ਪੂਰੀ ਹੋ ਗਈ (ਕਿਉਂਕਿ) ਹੇ ਸਖੀ! ਮੈਂ ਸਾਰੇ ਸੁਖਾਂ ਤੋਂ ਸ੍ਰੇਸ਼ਟ (ਪ੍ਰਭੂ-ਮਿਲਾਪ ਦਾ) ਸੁਖ ਪਾ ਲਿਆ, ਮੈਨੂੰ ਉਹ ਪ੍ਰਭੂ-ਪਤੀ ਸਭਨਾਂ ਵਿਚ ਵੱਸਦਾ ਦਿੱਸ ਪਿਆ । ਹੇ ਦਾਸ ਨਾਨਕ! (ਆਖ—) ਹੇ ਸਹੇਲੀ! ਗੁਰੂ ਦੀ ਚਰਨੀਂ ਲੱਗ ਕੇ ਮੈਂ ਪਰਮਾਤਮਾ ਦੇ ਮਿਲਾਪ ਦਾ ਆਨੰਦ ਪ੍ਰਾਪਤ ਕਰ ਲਿਆ ਹੈ ।੫।੧।੯।

ਨੋਟ:-

ਸ਼ਬਦ ਮ: ੧ — ੩

. . . . . . ਮ: ੩ — ੯ . . .   ਕੁੱਲ ਜੋੜ ੨੪ । ਇਹ ਵੱਡਾ ਜੋੜ ਇਥੇ ਨਹੀਂ ਦਿੱਤਾ ਗਿਆ ।

. . . . . . ਮ: ੪ — ੩

. . . . . . ਮ: ੫ — ੯

ਵਡਹੰਸੁ ਮਹਲਾ ੩ ਅਸਟਪਦੀਆ ੴ ਸਤਿਗੁਰ ਪ੍ਰਸਾਦਿ ॥ ਸਚੀ ਬਾਣੀ ਸਚੁ ਧੁਨਿ ਸਚੁ ਸਬਦੁ ਵੀਚਾਰਾ ॥ ਅਨਦਿਨੁ ਸਚੁ ਸਲਾਹਣਾ ਧਨੁ ਧਨੁ ਵਡਭਾਗ ਹਮਾਰਾ ॥੧॥ ਮਨ ਮੇਰੇ ਸਾਚੇ ਨਾਮ ਵਿਟਹੁ ਬਲਿ ਜਾਉ ॥ ਦਾਸਨਿ ਦਾਸਾ ਹੋਇ ਰਹਹਿ ਤਾ ਪਾਵਹਿ ਸਚਾ ਨਾਉ ॥੧॥ ਰਹਾਉ ॥ ਜਿਹਵਾ ਸਚੀ ਸਚਿ ਰਤੀ ਤਨੁ ਮਨੁ ਸਚਾ ਹੋਇ ॥ ਬਿਨੁ ਸਾਚੇ ਹੋਰੁ ਸਾਲਾਹਣਾ ਜਾਸਹਿ ਜਨਮੁ ਸਭੁ ਖੋਇ ॥੨॥ ਸਚੁ ਖੇਤੀ ਸਚੁ ਬੀਜਣਾ ਸਾਚਾ ਵਾਪਾਰਾ ॥ ਅਨਦਿਨੁ ਲਾਹਾ ਸਚੁ ਨਾਮੁ ਧਨੁ ਭਗਤਿ ਭਰੇ ਭੰਡਾਰਾ ॥੩॥ ਸਚੁ ਖਾਣਾ ਸਚੁ ਪੈਨਣਾ ਸਚੁ ਟੇਕ ਹਰਿ ਨਾਉ ॥ ਜਿਸ ਨੋ ਬਖਸੇ ਤਿਸੁ ਮਿਲੈ ਮਹਲੀ ਪਾਏ ਥਾਉ ॥੪॥ ਆਵਹਿ ਸਚੇ ਜਾਵਹਿ ਸਚੇ ਫਿਰਿ ਜੂਨੀ ਮੂਲਿ ਨ ਪਾਹਿ ॥ ਗੁਰਮੁਖਿ ਦਰਿ ਸਾਚੈ ਸਚਿਆਰ ਹਹਿ ਸਾਚੇ ਮਾਹਿ ਸਮਾਹਿ ॥੫॥ ਅੰਤਰੁ ਸਚਾ ਮਨੁ ਸਚਾ ਸਚੀ ਸਿਫਤਿ ਸਨਾਇ ॥ ਸਚੈ ਥਾਨਿ ਸਚੁ ਸਾਲਾਹਣਾ ਸਤਿਗੁਰ ਬਲਿਹਾਰੈ ਜਾਉ ॥੬॥ ਸਚੁ ਵੇਲਾ ਮੂਰਤੁ ਸਚੁ ਜਿਤੁ ਸਚੇ ਨਾਲਿ ਪਿਆਰੁ ॥ ਸਚੁ ਵੇਖਣਾ ਸਚੁ ਬੋਲਣਾ ਸਚਾ ਸਭੁ ਆਕਾਰੁ ॥੭॥ ਨਾਨਕ ਸਚੈ ਮੇਲੇ ਤਾ ਮਿਲੇ ਆਪੇ ਲਏ ਮਿਲਾਇ ॥ ਜਿਉ ਭਾਵੈ ਤਿਉ ਰਖਸੀ ਆਪੇ ਕਰੇ ਰਜਾਇ ॥੮॥੧॥ {ਪੰਨਾ 564-565}

ਪਦਅਰਥ:- ਸਚੀ ਬਾਣੀ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ । ਧੁਨਿ—ਆਵਾਜ਼, ਰੌ, ਲਗਨ । ਅਨਦਿਨੁ—ਹਰ ਰੋਜ਼, ਹਰ ਵੇਲੇ ।੧।

ਵਿਟਹੁ—ਤੋਂ । ਬਲਿ ਜਾਉ—ਕੁਰਬਾਨ ਹੋ । ਪਾਵਹਿ—ਤੂੰ ਪ੍ਰਾਪਤ ਕਰ ਲਏਂਗਾ ।੧।ਰਹਾਉ।

ਸਚੁ—ਸਦਾ-ਥਿਰ ਪ੍ਰਭੂ ਦਾ ਨਾਮ । ਲਾਹਾ—ਲਾਭ ।੩।

ਟੇਕ—ਆਸਰਾ । ਜਿਸ ਨੋ—{ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਨੋ' ਦੇ ਕਾਰਨ ਉੱਡ ਗਿਆ ਹੈ} । ਮਹਲੀ—ਪ੍ਰਭੂ ਦੀ ਹਜ਼ੂਰੀ ਵਿਚ ।੪।

ਸਚੇ—ਸਦਾ-ਥਿਰ ਪ੍ਰਭੂ ਵਿਚ (ਲੀਨ) । ਮੂਲਿ ਨ—ਉੱਕਾ ਹੀ ਨਹੀਂ । ਦਰਿ—ਦਰ ਤੇ । ਦਰਿ ਸਾਚੈ—ਸਦਾ-ਥਿਰ ਪ੍ਰਭੂ ਦੇ ਦਰ ਤੇ । ਸਚਿਆਰ—ਸੁਰਖ਼-ਰੂ ।੫।

ਅੰਤਰੁ—ਅੰਦਰਲਾ, ਹਿਰਦਾ । ਸਚਾ—ਸਫਲ । ਸਨਾਇ—{Ônw} ਅਰਬੀ ਲਫ਼ਜ਼} ਸਿਫ਼ਤਿ, ਵਡਿਆਈ । ਸਚੈ ਥਾਨਿ—ਸਦਾ-ਥਿਰ ਰਹਿਣ ਵਾਲੇ ਥਾਂ ਵਿਚ । ਜਾਉ—ਜਾਉਂ, ਮੈਂ ਜਾਂਦਾ ਹਾਂ ।੬।

ਸਚੁ—ਸਫਲ । ਮੂਰਤੁ—ਮੁਹੂਰਤ । ਜਿਤੁ—ਜਿਸ ਵਿਚ । ਸਚੁ—ਸਦਾ-ਥਿਰ ਪ੍ਰਭੂ । ਆਕਾਰੁ—ਦਿੱਸਦਾ ਜਗਤ ।੭।

ਸਚੈ—ਸਦਾ-ਥਿਰ ਪ੍ਰਭੂ ਨੇ । ਰਜਾਇ—ਹੁਕਮ ।੮।

ਅਰਥ:- ਹੇ ਮੇਰੇ ਮਨ! ਸਦਾ ਕਾਇਮ ਰਹਿਣ ਵਾਲੇ ਹਰਿ-ਨਾਮ ਤੋਂ ਸਦਕੇ ਜਾਇਆ ਕਰ । ਪਰ ਇਹ ਸਦਾ-ਥਿਰ ਰਹਿਣ ਵਾਲਾ ਹਰਿ-ਨਾਮ ਤੂੰ ਤਦੋਂ ਹੀ ਹਾਸਲ ਕਰ ਸਕੇਂਗਾ, ਜੇ ਤੂੰ ਪਰਮਾਤਮਾ ਦੇ ਸੇਵਕਾਂ ਦਾ ਸੇਵਕ ਬਣਿਆ ਰਹੇਂਗਾ ।੧।ਰਹਾਉ।

ਹੇ ਭਾਈ! ਮੇਰੇ ਵੱਡੇ ਭਾਗ ਜਾਗ ਪਏ ਹਨ, (ਗੁਰੂ ਦੀ ਸਰਨ ਪੈ ਕੇ) ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ (ਮੇਰੇ ਹਿਰਦੇ ਵਿਚ ਵੱਸ ਪਈ ਹੈ), ਸਦਾ-ਥਿਰ ਹਰਿ-ਨਾਮ (ਦੀ) ਰੌ (ਮੇਰੇ ਅੰਦਰ) ਚੱਲ ਪਈ ਹੈ, ਸਦਾ-ਥਿਰ ਹਰੀ ਦੀ ਸਿਫ਼ਤਿ-ਸਾਲਾਹ ਵਾਲਾ ਗੁਰ-ਸ਼ਬਦ ਮੇਰੀ ਵਿਚਾਰ (ਦਾ ਧੁਰਾ ਬਣ ਗਿਆ ਹੈ), ਮੈਂ ਹਰ ਵੇਲੇ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਹਾਂ ।੧।

ਜੇਹੜੀ ਜੀਭ ਸਦਾ-ਥਿਰ ਹਰੀ (ਦੇ ਪ੍ਰੇਮ) ਵਿਚ ਰੰਗੀ ਜਾਂਦੀ ਹੈ ਉਹ ਜੀਭ ਸਫਲ ਹੋ ਜਾਂਦੀ ਹੈ, (ਅਜੇਹੀ ਜੀਭ ਵਾਲੇ ਮਨੁੱਖ ਦਾ) ਮਨ ਸਫਲ ਹੋ ਜਾਂਦਾ ਹੈ, ਸਰੀਰ ਸਫਲ ਹੋ ਜਾਂਦਾ ਹੈ । (ਹੇ ਭਾਈ!) ਜੇ ਤੂੰ ਸਦਾ-ਥਿਰ ਪ੍ਰਭੂ ਨੂੰ ਛੱਡ ਕੇ ਕਿਸੇ ਹੋਰ ਨੂੰ ਸਲਾਹੁੰਦਾ ਰਹੇਂਗਾ, ਤਾਂ ਆਪਣਾ ਸਾਰਾ ਜਨਮ ਗਵਾ ਕੇ (ਇਥੋਂ) ਜਾਵੇਂਗਾ ।੨।

ਜੇਹੜਾ ਮਨੁੱਖ ਸਦਾ-ਥਿਰ ਹਰਿ-ਨਾਮ ਨੂੰ ਆਪਣੀ ਖੇਤੀ ਬਣਾਂਦਾ ਹੈ, ਜੋ ਸਦਾ-ਥਿਰ ਨਾਮ-ਬੀਜ (ਆਪਣੇ ਹਿਰਦੇ ਵਿਚ) ਬੀਜਦਾ ਹੈ, ਜੋ ਸਦਾ-ਥਿਰ ਹਰਿ-ਨਾਮ ਦਾ ਵਪਾਰ ਕਰਦਾ ਹੈ, ਉਸ ਨੂੰ ਹਰ ਵੇਲੇ ਸਦਾ-ਥਿਰ ਹਰਿ-ਨਾਮ-ਧਨ ਲਾਭ (ਵਜੋਂ) ਪ੍ਰਾਪਤ ਹੁੰਦਾ ਰਹਿੰਦਾ ਹੈ, ਉਸ ਦੇ ਹਿਰਦੇ ਵਿਚ ਭਗਤੀ ਦੇ ਖ਼ਜ਼ਾਨੇ ਭਰ ਜਾਂਦੇ ਹਨ ।੩।

ਹੇ ਭਾਈ! ਜਿਸ ਮਨੁੱਖ ਉੱਤੇ ਪਰਮਾਤਮਾ ਬਖ਼ਸ਼ਸ਼ ਕਰਦਾ ਹੈ, ਉਸ ਨੂੰ ਸਦਾ-ਥਿਰ ਹਰਿ-ਨਾਮ (ਆਤਮਕ) ਖ਼ੁਰਾਕ, ਹਰਿ-ਨਾਮ ਹੀ ਪੁਸ਼ਾਕ, ਹਰਿ-ਨਾਮ ਹੀ (ਜੀਵਨ ਦਾ) ਆਸਰਾ ਮਿਲ ਜਾਂਦਾ ਹੈ । ਉਹ ਮਨੁੱਖ ਪਰਮਾਤਮਾ ਦੀ ਹਜ਼ੂਰੀ ਵਿਚ ਥਾਂ ਪ੍ਰਾਪਤ ਕਰ ਲੈਂਦਾ ਹੈ ।੪।

ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲੇ ਬੰਦੇ ਹਰਿ-ਨਾਮ ਵਿਚ ਲੀਨ ਹੀ (ਜਗਤ ਵਿਚ) ਆਉਂਦੇ ਹਨ, ਹਰਿ-ਨਾਮ ਵਿਚ ਲੀਨ ਹੀ (ਇਥੋਂ) ਜਾਂਦੇ ਹਨ, ਉਹ ਮੁੜ ਕਦੇ ਭੀ ਜੂਨਾਂ ਦੇ ਗੇੜ ਵਿਚ ਨਹੀਂ ਪੈਂਦੇ । ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਸਦਾ-ਥਿਰ ਪ੍ਰਭੂ ਦੇ ਦਰ ਤੇ ਸੁਰਖ਼-ਰੂ ਹੋ ਜਾਂਦੇ ਹਨ, ਉਹ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਲੀਨ ਹੋ ਜਾਂਦੇ ਹਨ ।੫।

ਹੇ ਭਾਈ! ਮੈਂ ਆਪਣੇ ਗੁਰੂ ਤੋਂ ਸਦਕੇ ਜਾਂਦਾ ਹਾਂ (ਜਿਸ ਦੀ ਮੇਹਰ ਨਾਲ ਮੇਰਾ) ਹਿਰਦਾ ਸਫਲ ਹੋ ਗਿਆ ਹੈ, ਮੇਰਾ ਮਨ ਸਫਲ ਹੋ ਗਿਆ ਹੈ, ਤੇ, ਮੈਂ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਰਹਿੰਦਾ ਹਾਂ । ਹੇ ਭਾਈ! ਜੇਹੜਾ ਮਨੁੱਖ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਹੈ ਉਸ ਨੂੰ ਸਦਾ-ਥਿਰ ਹਰੀ ਦੀ ਹਜ਼ੂਰੀ ਵਿਚ ਥਾਂ ਮਿਲ ਜਾਂਦਾ ਹੈ ।੬।

ਹੇ ਭਾਈ! ਉਹ ਵੇਲਾ ਸਫਲ ਹੈ, ਉਹ ਮੁਹੂਰਤ ਸਫਲ ਹੈ ਜਦੋਂ ਕਿਸੇ ਮਨੁੱਖ ਦਾ ਪਿਆਰ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨਾਲ ਬਣ ਜਾਂਦਾ ਹੈ । (ਜਿਸ ਮਨੁੱਖ ਦਾ ਪ੍ਰਭੂ ਨਾਲ ਪਿਆਰ ਬਣਦਾ ਹੈ, ਉਹ ਮਨੁੱਖ) ਉਸ ਸਦਾ-ਥਿਰ ਪ੍ਰਭੂ ਨੂੰ ਹੀ ਹਰ ਥਾਂ ਵੇਖਦਾ ਹੈ, ਸਦਾ-ਥਿਰ ਹਰਿ-ਨਾਮ ਹੀ ਜਪਦਾ ਹੈ, ਇਹ ਸਾਰਾ ਸੰਸਾਰ ਉਸ ਨੂੰ ਸਦਾ ਕਾਇਮ ਰਹਿਣ ਵਾਲੇ ਦਾ ਸਰੂਪ ਹੀ ਦਿੱਸਦਾ ਹੈ ।੭।

ਹੇ ਨਾਨਕ! (ਆਖ—) ਜਦੋਂ ਸਦਾ-ਥਿਰ ਪ੍ਰਭੂ (ਜੀਵਾਂ ਨੂੰ ਆਪਣੇ ਨਾਲ) ਮਿਲਾਂਦਾ ਹੈ ਤਦੋਂ ਹੀ (ਜੀਵ ਉਸ ਦੇ ਚਰਨਾਂ ਵਿਚ) ਮਿਲਦੇ ਹਨ, ਉਹ ਆਪ ਹੀ ਆਪਣੇ (ਨਾਲ) ਮਿਲਾ ਲੈਂਦਾ ਹੈ । ਜਿਵੇਂ ਉਸ ਨੂੰ ਚੰਗਾ ਲੱਗਦਾ ਹੈ, ਉਹ ਆਪ ਹੀ ਹੁਕਮ ਕਰਦਾ ਹੈ ਤੇ (ਜੀਵਾਂ ਨੂੰ ਆਪਣੇ ਚਰਨਾਂ ਵਿਚ ਜੋੜੀ) ਰੱਖਦਾ ਹੈ ।੮।੧।

ਵਡਹੰਸੁ ਮਹਲਾ ੩ ॥ ਮਨੂਆ ਦਹ ਦਿਸ ਧਾਵਦਾ ਓਹੁ ਕੈਸੇ ਹਰਿ ਗੁਣ ਗਾਵੈ ॥ ਇੰਦ੍ਰੀ ਵਿਆਪਿ ਰਹੀ ਅਧਿਕਾਈ ਕਾਮੁ ਕ੍ਰੋਧੁ ਨਿਤ ਸੰਤਾਵੈ ॥੧॥ ਵਾਹੁ ਵਾਹੁ ਸਹਜੇ ਗੁਣ ਰਵੀਜੈ ॥ ਰਾਮ ਨਾਮੁ ਇਸੁ ਜੁਗ ਮਹਿ ਦੁਲਭੁ ਹੈ ਗੁਰਮਤਿ ਹਰਿ ਰਸੁ ਪੀਜੈ ॥੧॥ ਰਹਾਉ ॥ ਸਬਦੁ ਚੀਨਿ ਮਨੁ ਨਿਰਮਲੁ ਹੋਵੈ ਤਾ ਹਰਿ ਕੇ ਗੁਣ ਗਾਵੈ ॥ ਗੁਰਮਤੀ ਆਪੈ ਆਪੁ ਪਛਾਣੈ ਤਾ ਨਿਜ ਘਰਿ ਵਾਸਾ ਪਾਵੈ ॥੨॥ ਏ ਮਨ ਮੇਰੇ ਸਦਾ ਰੰਗਿ ਰਾਤੇ ਸਦਾ ਹਰਿ ਕੇ ਗੁਣ ਗਾਉ ॥ ਹਰਿ ਨਿਰਮਲੁ ਸਦਾ ਸੁਖਦਾਤਾ ਮਨਿ ਚਿੰਦਿਆ ਫਲੁ ਪਾਉ ॥੩॥ ਹਮ ਨੀਚ ਸੇ ਊਤਮ ਭਏ ਹਰਿ ਕੀ ਸਰਣਾਈ ॥ ਪਾਥਰੁ ਡੁਬਦਾ ਕਾਢਿ ਲੀਆ ਸਾਚੀ ਵਡਿਆਈ ॥੪॥ ਬਿਖੁ ਸੇ ਅੰਮ੍ਰਿਤ ਭਏ ਗੁਰਮਤਿ ਬੁਧਿ ਪਾਈ ॥ ਅਕਹੁ ਪਰਮਲ ਭਏ ਅੰਤਰਿ ਵਾਸਨਾ ਵਸਾਈ ॥੫॥ ਮਾਣਸ ਜਨਮੁ ਦੁਲੰਭੁ ਹੈ ਜਗ ਮਹਿ ਖਟਿਆ ਆਇ ॥ ਪੂਰੈ ਭਾਗਿ ਸਤਿਗੁਰੁ ਮਿਲੈ ਹਰਿ ਨਾਮੁ ਧਿਆਇ ॥੬॥ ਮਨਮੁਖ ਭੂਲੇ ਬਿਖੁ ਲਗੇ ਅਹਿਲਾ ਜਨਮੁ ਗਵਾਇਆ ॥ ਹਰਿ ਕਾ ਨਾਮੁ ਸਦਾ ਸੁਖ ਸਾਗਰੁ ਸਾਚਾ ਸਬਦੁ ਨ ਭਾਇਆ ॥੭॥ ਮੁਖਹੁ ਹਰਿ ਹਰਿ ਸਭੁ ਕੋ ਕਰੈ ਵਿਰਲੈ ਹਿਰਦੈ ਵਸਾਇਆ ॥ ਨਾਨਕ ਜਿਨ ਕੈ ਹਿਰਦੈ ਵਸਿਆ ਮੋਖ ਮੁਕਤਿ ਤਿਨ੍ ਪਾਇਆ ॥੮॥੨॥ {ਪੰਨਾ 565}

ਪਦਅਰਥ:- ਮਨੂਆ—ਹੋਛਾ ਮਨ । ਦਹ ਦਿਸ—ਦਸੀਂ ਪਾਸੀਂ । ਦਿਸ—ਪਾਸਾ । ਇੰਦ੍ਰੀ—ਕਾਮ

ਵਾਸਨਾ । ਵਿਆਪਿ ਰਹੀ—ਜ਼ੋਰ ਪਾ ਰੱਖਦੀ ਹੈ । ਅਧਿਕਾਈ—ਬਹੁਤ । ਸੰਤਾਵੈ—ਦੁੱਖੀ ਕਰਦਾ ਹੈ ।੧।

ਵਾਹੁ ਵਾਹੁ—ਸਿਫ਼ਤਿ-ਸਾਲਾਹ । ਸਹਜੇ—ਸਹਿਜ ਹੀ, ਆਤਮਕ ਅਡੋਲਤਾ ਵਿਚ ਟਿਕ ਕੇ ਹੀ । ਰਵੀਜੈ—ਰਵਿਆ ਜਾ ਸਕਦਾ ਹੈ । ਇਸੁ ਜੁਗ ਮਹਿ—ਮਨੁੱਖਾ ਜਨਮ ਵਿਚ । ਦੁਲਭੁ—ਮੁਸ਼ਕਿਲ ਨਾਲ ਮਿਲਣ ਵਾਲਾ । ਪੀਤੈ—ਪੀਤਾ ਜਾ ਸਕਦਾ ਹੈ ।੧।ਰਹਾਉ।

ਚੀਨਿ—ਪਛਾਣ ਕੇ, ਸਾਂਝ ਪਾ ਕੇ । ਤਾ—ਤਦੋਂ । ਆਪੈ ਆਪੁ—ਆਪਣੇ ਆਪ ਨੂੰ । ਨਿਜ ਘਰਿ—ਆਪਣੇ (ਅਸਲ) ਘਰ ਵਿਚ, ਪ੍ਰਭੂ-ਚਰਨਾਂ ਵਿਚ ।੨।

ਰੰਗਿ—ਰੰਗ ਵਿਚ । ਰਾਤੇ—ਰੰਗੇ ਹੋਏ । ਨਿਰਮਲੁ—ਪਵਿਤ੍ਰ । ਮਨਿ—ਮਨ ਵਿਚ । ਚਿੰਦਿਆ—ਚਿਤਵਿਆ ਹੋਇਆ । ਪਾਉ—ਪ੍ਰਾਪਤ ਕਰ ।੩।

ਸੇ—ਤੋਂ । ਸਾਚੀ—ਸਦਾ ਕਾਇਮ ਰਹਿਣ ਵਾਲੀ । ਵਡਿਆਈ—ਇੱਜ਼ਤ ।੪।

ਬਿਖੁ—ਜ਼ਹਿਰ । ਸੇ—ਤੋਂ । ਅਕਹੁ—ਅੱਕ ਤੋਂ । ਪਰਮਲ—ਚੰਦਨ । ਵਾਸਨਾ—ਸੁਗੰਧੀ ।੫।

ਪੂਰੇ ਭਾਗਿ—ਵੱਡੀ ਕਿਸਮਤਿ ਨਾਲ ।੬।

ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ । ਬਿਖੁ—ਵਿਕਾਰਾਂ ਦੀ ਜ਼ਹਿਰ । ਅਹਿਲਾ—ਕੀਮਤੀ । ਸਾਗਰੁ—ਸਮੁੰਦਰ । ਭਾਇਆ—ਚੰਗਾ ਲੱਗਾ ।੭।

ਮੁਖਹੁ—ਮੂੰਹ ਨਾਲ । ਸਭੁ ਕੋ—ਹਰੇਕ ਜੀਵ । ਹਿਰਦੈ—ਹਿਰਦੇ ਵਿਚ । ਮੁਕਤਿ—ਵਿਕਾਰਾਂ ਤੋਂ ਖ਼ਲਾਸੀ ।੮।

ਅਰਥ:- ਹੇ ਭਾਈ! ਆਤਮਕ ਅਡੋਲਤਾ ਵਿਚ ਟਿਕ ਕੇ ਹੀ ਪਰਮਾਤਮਾ ਦੇ ਗੁਣਾਂ ਦੀ ਸਿਫ਼ਤਿ-ਸਾਲਾਹ ਕੀਤੀ ਜਾ ਸਕਦੀ ਹੈ । ਮਨੁੱਖਾ ਜਨਮ ਵਿਚ ਪਰਮਾਤਮਾ ਦਾ ਨਾਮ ਇਕ ਦੁਰਲਭ ਵਸਤੂ ਹੈ । ਗੁਰੂ ਦੀ ਮਤਿ ਉੱਤੇ ਤੁਰ ਕੇ ਹੀ ਪਰਮਾਤਮਾ ਦੇ ਨਾਮ ਦਾ ਰਸ ਪੀਤਾ ਜਾ ਸਕਦਾ ਹੈ ।੧।ਰਹਾਉ।

ਹੇ ਭਾਈ! ਉਹ ਮਨੁੱਖ ਪਰਮਾਤਮਾ ਦੇ ਗੁਣ ਨਹੀਂ ਗਾ ਸਕਦਾ, ਜਿਸ ਦਾ ਹੋਛਾ ਮਨ ਦਸੀਂ ਪਾਸੀਂ ਦੌੜਦਾ ਰਹਿੰਦਾ ਹੈ, ਜਿਸ ਉਤੇ ਕਾਮ-ਵਾਸਨਾ ਬਹੁਤ ਜ਼ੋਰ ਪਾਈ ਰੱਖਦੀ ਹੈ, ਜਿਸ ਨੂੰ ਕਾਮ ਸਦਾ ਸਤਾਂਦਾ ਰਹਿੰਦਾ ਹੈ ਜਿਸ ਨੂੰ ਕ੍ਰੋਧ ਸਦਾ ਦੁਖੀ ਕਰਦਾ ਰਹਿੰਦਾ ਹੈ ।੧।

ਹੇ ਭਾਈ! ਜਦੋਂ ਗੁਰੂ ਦੇ ਸ਼ਬਦ ਨਾਲ ਸਾਂਝ ਪਾ ਕੇ ਮਨੁੱਖ ਦਾ ਮਨ ਪਵਿਤ੍ਰ ਹੋ ਜਾਂਦਾ ਹੈ ਤਦੋਂ ਹੀ ਉਹ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦਾ ਹੈ । ਜਦੋਂ ਮਨੁੱਖ ਗੁਰੂ ਦੀ ਮਤਿ ਉਤੇ ਤੁਰ ਕੇ ਆਪਣੇ ਆਤਮਕ ਜੀਵਨ ਨੂੰ ਪੜਤਾਲਦਾ ਹੈ ਤਦੋਂ ਉਹ ਪਰਮਾਤਮਾ ਦੇ ਚਰਨਾਂ ਵਿਚ ਥਾਂ ਪ੍ਰਾਪਤ ਕਰ ਲੈਂਦਾ ਹੈ ।੨।

ਹੇ ਮੇਰੇ ਮਨ! ਸਦਾ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗਿਆ ਰਹੁ, ਸਦਾ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦਾ ਰਹੁ । (ਹੇ ਭਾਈ!) ਪਰਮਾਤਮਾ ਸਦਾ ਪਵਿਤ੍ਰ ਹੈ, ਸਦਾ ਸੁਖ ਦੇਣ ਵਾਲਾ ਹੈ (ਉਸ ਦੀ ਸਿਫ਼ਤਿ-ਸਾਲਾਹ ਕਰਿਆ ਕਰ) ਮਨ-ਇੱਛਤ ਫਲ ਹਾਸਲ ਕਰੇਂਗਾ ।੩।

ਹੇ ਭਾਈ! ਪਰਮਾਤਮਾ ਦੀ ਸਰਨ ਪਿਆਂ ਅਸੀ ਜੀਵ ਨੀਚਾਂ ਤੋਂ ਉੱਤਮ ਬਣ ਜਾਂਦੇ ਹਾਂ । ਪਰਮਾਤਮਾ ਪੱਥਰ-ਚਿੱਤ ਮਨੁੱਖ ਨੂੰ ਭੀ (ਵਿਕਾਰਾਂ ਵਿਚ) ਡੁੱਬਦੇ ਨੂੰ ਕੱਢ ਲੈਂਦਾ ਹੈ, ਤੇ, ਸਦਾ ਕਾਇਮ ਰਹਿਣ ਵਾਲੀ

ਇੱਜ਼ਤ ਬਖ਼ਸ਼ਦਾ ਹੈ ।੪।

ਹੇ ਭਾਈ! ਜੇਹੜੇ ਮਨੁੱਖ ਗੁਰੂ ਦੀ ਮਤਿ ਉਤੇ ਤੁਰ ਕੇ ਸ੍ਰੇਸ਼ਟ ਅਕਲ ਹਾਸਲ ਕਰ ਲੈਂਦੇ ਹਨ ਉਹ (ਮਾਨੋ) ਜ਼ਹਿਰ ਤੋਂ ਅੰਮ੍ਰਿਤ ਬਣ ਜਾਂਦੇ ਹਨ, ਉਹ (ਮਾਨੋ) ਅੱਕ ਤੋਂ ਚੰਦਨ ਬਣ ਜਾਂਦੇ ਹਨ, ਉਹਨਾਂ ਦੇ ਅੰਦਰ (ਸੁੱਚੇ ਆਤਮਕ ਜੀਵਨ ਦੀ) ਸੁਗੰਧੀ ਆ ਵੱਸਦੀ ਹੈ ।੫।

ਹੇ ਭਾਈ! ਮਨੁੱਖਾ ਜਨਮ ਬੜੀ ਮੁਸ਼ਕਿਲ ਨਾਲ ਮਿਲਦਾ ਹੈ, ਜਗਤ ਵਿਚ ਆ ਕੇ (ਮਨੁੱਖਾ ਜਨਮ ਦੀ ਰਾਹੀਂ ਉਸੇ ਮਨੁੱਖ ਨੇ ਕੁਝ) ਖੱਟਿਆ ਜਾਣੋ, ਜਿਸ ਨੂੰ ਪੂਰੇ ਭਾਗਾਂ ਨਾਲ ਗੁਰੂ ਮਿਲ ਪੈਂਦਾ ਹੈ, ਤੇ, ਪਰਮਾਤਮਾ ਦਾ ਨਾਮ ਸਿਮਰਦਾ ਹੈ ।੬।

ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਕੁਰਾਹੇ ਪਏ ਰਹਿੰਦੇ ਹਨ (ਆਤਮਕ ਮੌਤ ਲਿਆਉਣ ਵਾਲੇ ਵਿਕਾਰਾਂ ਦੇ) ਜ਼ਹਿਰ ਵਿਚ ਮਸਤ ਰਹਿੰਦੇ ਹਨ, ਤੇ, ਕੀਮਤੀ ਮਨੁੱਖ ਜਨਮ ਗੰਵਾ ਲੈਂਦੇ ਹਨ । ਸਦਾ ਹੀ ਸੁਖਾਂ ਨਾਲ ਭਰਪੂਰ ਹਰਿ-ਨਾਮ ਉਹਨਾਂ ਨੂੰ ਪਸੰਦ ਨਹੀਂ ਆਉਂਦਾ, ਸਦਾ-ਥਿਰ ਹਰੀ ਦੀ ਸਿਫ਼ਤਿ-ਸਾਲਾਹ ਵਾਲਾ ਗੁਰ-ਸ਼ਬਦ ਉਹਨਾਂ ਨੂੰ ਚੰਗਾ ਨਹੀਂ ਲੱਗਦਾ ।੭।

ਹੇ ਭਾਈ! ਮੂੰਹ ਨਾਲ (ਬਾਹਰੋਂ ਬਾਹਰੋਂ) ਤਾਂ ਹਰੇਕ ਪਰਮਾਤਮਾ ਦਾ ਨਾਮ ਉਚਾਰ ਦੇਂਦਾ ਹੈ, ਪਰ ਕਿਸੇ ਵਿਰਲੇ ਨੇ ਹਰਿ-ਨਾਮ ਆਪਣੇ ਹਿਰਦੇ ਵਿਚ ਵਸਾਇਆ ਹੈ । ਹੇ ਨਾਨਕ! (ਆਖ—) ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ ਉਹ ਮਨੁੱਖ ਵਿਕਾਰਾਂ ਤੋਂ ਖ਼ਲਾਸੀ ਪ੍ਰਾਪਤ ਕਰ ਲੈਂਦੇ ਹਨ ।੮।੨।

ਵਡਹੰਸੁ ਮਹਲਾ ੧ ਛੰਤ ੴ ਸਤਿਗੁਰ ਪ੍ਰਸਾਦਿ ॥ ਕਾਇਆ ਕੂੜਿ ਵਿਗਾੜਿ ਕਾਹੇ ਨਾਈਐ ॥ ਨਾਤਾ ਸੋ ਪਰਵਾਣੁ ਸਚੁ ਕਮਾਈਐ ॥ ਜਬ ਸਾਚ ਅੰਦਰਿ ਹੋਇ ਸਾਚਾ ਤਾਮਿ ਸਾਚਾ ਪਾਈਐ ॥ ਲਿਖੇ ਬਾਝਹੁ ਸੁਰਤਿ ਨਾਹੀ ਬੋਲਿ ਬੋਲਿ ਗਵਾਈਐ ॥ ਜਿਥੈ ਜਾਇ ਬਹੀਐ ਭਲਾ ਕਹੀਐ ਸੁਰਤਿ ਸਬਦੁ ਲਿਖਾਈਐ ॥ ਕਾਇਆ ਕੂੜਿ ਵਿਗਾੜਿ ਕਾਹੇ ਨਾਈਐ ॥੧॥ ਤਾ ਮੈ ਕਹਿਆ ਕਹਣੁ ਜਾ ਤੁਝੈ ਕਹਾਇਆ ॥ ਅੰਮ੍ਰਿਤੁ ਹਰਿ ਕਾ ਨਾਮੁ ਮੇਰੈ ਮਨਿ ਭਾਇਆ ॥ ਨਾਮੁ ਮੀਠਾ ਮਨਹਿ ਲਾਗਾ ਦੂਖਿ ਡੇਰਾ ਢਾਹਿਆ ॥ ਸੂਖੁ ਮਨ ਮਹਿ ਆਇ ਵਸਿਆ ਜਾਮਿ ਤੈ ਫੁਰਮਾਇਆ ॥ ਨਦਰਿ ਤੁਧੁ ਅਰਦਾਸਿ ਮੇਰੀ ਜਿੰਨਿ ਆਪੁ ਉਪਾਇਆ ॥ ਤਾ ਮੈ ਕਹਿਆ ਕਹਣੁ ਜਾ ਤੁਝੈ ਕਹਾਇਆ ॥੨॥ ਵਾਰੀ ਖਸਮੁ ਕਢਾਏ ਕਿਰਤੁ ਕਮਾਵਣਾ ॥ ਮੰਦਾ ਕਿਸੈ ਨ ਆਖਿ ਝਗੜਾ ਪਾਵਣਾ ॥ ਨਹ ਪਾਇ ਝਗੜਾ ਸੁਆਮਿ ਸੇਤੀ ਆਪਿ ਆਪੁ ਵਞਾਵਣਾ ॥ ਜਿਸੁ ਨਾਲਿ ਸੰਗਤਿ ਕਰਿ ਸਰੀਕੀ ਜਾਇ ਕਿਆ ਰੂਆਵਣਾ ॥ ਜੋ ਦੇਇ ਸਹਣਾ ਮਨਹਿ ਕਹਣਾ ਆਖਿ ਨਾਹੀ ਵਾਵਣਾ ॥ ਵਾਰੀ ਖਸਮੁ ਕਢਾਏ ਕਿਰਤੁ ਕਮਾਵਣਾ ॥੩॥ ਸਭ ਉਪਾਈਅਨੁ ਆਪਿ ਆਪੇ ਨਦਰਿ ਕਰੇ ॥ ਕਉੜਾ ਕੋਇ ਨ ਮਾਗੈ ਮੀਠਾ ਸਭ ਮਾਗੈ ॥ ਸਭੁ ਕੋਇ ਮੀਠਾ ਮੰਗਿ ਦੇਖੈ ਖਸਮ ਭਾਵੈ ਸੋ ਕਰੇ ॥ ਕਿਛੁ ਪੁੰਨ ਦਾਨ ਅਨੇਕ ਕਰਣੀ ਨਾਮ ਤੁਲਿ ਨ ਸਮਸਰੇ ॥ ਨਾਨਕਾ ਜਿਨ ਨਾਮੁ ਮਿਲਿਆ

ਕਰਮੁ ਹੋਆ ਧੁਰਿ ਕਦੇ ॥ ਸਭ ਉਪਾਈਅਨੁ ਆਪਿ ਆਪੇ ਨਦਰਿ ਕਰੇ ॥੪॥੧॥ {ਪੰਨਾ 565-566}

ਪਦਅਰਥ:- ਕਾਇਆ—ਸਰੀਰ । ਕੂੜਿ—ਮਾਇਆ ਦੇ ਮੋਹ ਵਿਚ । ਵਿਗਾੜਿ—ਮੈਲਾ ਕਰ ਕੇ । ਕਾਹੇ ਨਾਈਐ—(ਤੀਰਥ-) ਇਸ਼ਨਾਨ ਦਾ ਕੋਈ ਲਾਭ ਨਹੀਂ । ਸਚੁ—ਸਦਾ-ਥਿਰ ਨਾਮ ਦਾ ਸਿਮਰਨ । ਸਾਚ ਅੰਦਰਿ—ਸਦਾ-ਥਿਰ ਪ੍ਰਭੂ ਦੇ ਚਰਨਾਂ ਵਿਚ ਟਿਕ ਕੇ । ਸਾਚਾ—ਸਦਾ-ਥਿਰ ਪ੍ਰਭੂ (ਦਾ ਰੂਪ) । ਤਾਮਿ—ਤਦੋਂ । ਲਿਖੇ ਬਾਝਹੁ—ਪ੍ਰਭੂ ਦੇ ਲਿਖੇ ਹੁਕਮ ਤੋਂ ਬਿਨਾ । ਸੁਰਤਿ—ਉੱਚੀ ਸੁਰਤਿ ।੧।

ਤਾ—ਤਦੋਂ ਹੀ । ਕਹਣੁ ਕਹਿਆ—ਸਿਫ਼ਤਿ-ਸਾਲਾਹ ਕੀਤੀ । ਜਾ—ਜਦੋਂ । ਮਨਿ—ਮਨ ਵਿਚ । ਭਾਇਆ—ਪਿਆਰਾ ਲੱਗਾ । ਮਨਹਿ—ਮਨ ਵਿਚ । ਦੂਖਿ—ਦੁੱਖ ਨੇ । ਜਾਮਿ—ਜਦੋਂ । ਜਿੰਨਿ—ਜਿਸ (ਤੈਂ) ਨੇ । ਆਪੁ—ਆਪਣੇ ਆਪ ਨੂੰ ।੨।

ਵਾਰੀ—ਮਨੁੱਖਾ ਜਨਮ ਦੀ ਵਾਰੀ । ਕਢਾਏ—ਦੇਂਦਾ ਹੈ । ਕਿਰਤੁ ਕਮਾਵਣਾ—ਕਮਾਈ ਹੋਈ ਕਿਰਤ ਅਨੁਸਾਰ । ਸੁਆਮਿ ਸੇਤੀ—ਸੁਆਮੀ ਨਾਲ । ਵਵਾਵਣਾ—ਖ਼ੁਆਰ ਕਰਨਾ । ਰੂਆਵਣਾ—ਸ਼ਿਕੈਤ ਕਰਨੀ । ਦੇਇ—ਦੇਂਦਾ ਹੈ । ਮਨਹਿ—ਵਰਜਿਤ । ਵਾਵਣਾ—ਗਿਲਾ-ਗੁਜ਼ਾਰੀ ਕਰਨੀ ।੩।

ਉਪਾਈਅਨੁ—ਉਸ ਨੇ ਪੈਦਾ ਕੀਤੀ ਹੈ । ਸਭੁ ਕੋਇ—ਹਰੇਕ ਜੀਵ । ਤੁਲਿ—ਬਰਾਬਰ । ਸਮਸਰੇ—ਬਰਾਬਰ । ਕਰਮੁ—ਬਖ਼ਸ਼ਸ਼ । ਧੁਰਿ—ਧੁਰੋਂ । ਕਦੇ—ਕਦੇ ਦੀ ।੪।

ਅਰਥ:- ਸਰੀਰ ਨੂੰ (ਹਿਰਦੇ ਨੂੰ) ਮਾਇਆ ਦੇ ਮੋਹ ਵਿਚ ਗੰਦਾ ਕਰ ਕੇ (ਤੀਰਥ-) ਇਸ਼ਨਾਨ ਕਰਨ ਦਾ ਕੋਈ ਲਾਭ ਨਹੀਂ ਹੈ । ਉਹੀ ਮਨੁੱਖ ਨ੍ਹਾਤਾ ਹੋਇਆ (ਪਵਿਤ੍ਰ) ਹੈ ਤੇ ਉਹੀ (ਪ੍ਰਭੂ ਦੀ ਹਜ਼ੂਰੀ ਵਿਚ) ਕਬੂਲ ਹੈ ਜੋ ਸਦਾ-ਥਿਰ ਪ੍ਰਭੂ-ਨਾਮ ਸਿਮਰਨ ਦੀ ਕਮਾਈ ਕਰਦਾ ਹੈ । ਜਦੋਂ ਸਦਾ-ਥਿਰ ਪ੍ਰਭੂ ਦੇ ਚਰਨਾਂ ਵਿਚ ਜੁੜ ਕੇ ਜੀਵ ਸਦਾ-ਥਿਰ ਪ੍ਰਭੂ ਨਾਲ ਇਕ-ਮਿਕ ਹੋ ਜਾਂਦਾ ਹੈ ਤਦੋਂ ਸਦਾ-ਥਿਰ ਰਹਿਣ ਵਾਲਾ ਪਰਮਾਤਮਾ ਮਿਲ ਪੈਂਦਾ ਹੈ । ਪਰ ਪ੍ਰਭੂ ਦੇ ਹੁਕਮ ਤੋਂ ਬਿਨਾ ਮਨੁੱਖ ਦੀ ਸੁਰਤਿ (ਕੂੜ ਵਿਚੋਂ ਨਿਕਲ ਕੇ) ਉੱਚੀ ਨਹੀਂ ਹੋ ਸਕਦੀ । ਨਿਰੀਆਂ ਜ਼ਬਾਨੀ (ਗਿਆਨ ਦੀਆਂ) ਗੱਲਾਂ ਕਰ ਕੇ ਸਗੋਂ ਆਪਣਾ ਆਤਮਕ ਜੀਵਨ ਹੋਰ ਖ਼ਰਾਬ ਕਰਦਾ ਹੈ । ਜਿਥੇ ਭੀ (ਭਾਵ, ਸਾਧ ਸੰਗਤਿ ਵਿਚ) ਜਾ ਕੇ ਬੈਠੀਏ, ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ, ਆਪਣੀ ਸੁਰਤਿ ਵਿਚ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਪ੍ਰੋਣੀ ਚਾਹੀਦੀ ਹੈ । (ਨਹੀਂ ਤਾਂ) ਹਿਰਦੇ ਨੂੰ ਮਾਇਆ ਦੇ ਮੋਹ ਵਿਚ ਮੈਲਾ ਕਰ ਕੇ (ਤੀਰਥ-) ਇਸ਼ਨਾਨ ਦਾ ਕੀਹ ਲਾਭ? ।੧।

(ਪਰ ਇਹ ਸਿਫ਼ਤਿ-ਸਾਲਾਹ ਹੇ ਪ੍ਰਭੂ! ਤੇਰੀ ਆਪਣੀ ਬਖ਼ਸ਼ਸ਼ ਹੈ) ਮੈਂ ਤਦੋਂ ਹੀ ਤੇਰੀ ਸਿਫ਼ਤਿ-ਸਾਲਾਹ ਕਰ ਸਕਦਾ ਹਾਂ ਜਦੋਂ ਤੂੰ ਆਪ ਪ੍ਰੇਰਨਾ ਕਰਦਾ ਹੈਂ ।

(ਪ੍ਰਭੂ ਦੀ ਮੇਹਰ ਨਾਲ ਹੀ) ਪ੍ਰਭੂ ਦਾ ਆਤਮਕ ਜੀਵਨ ਦੇਣ ਵਾਲਾ ਨਾਮ ਮੇਰੇ ਮਨ ਵਿਚ ਪਿਆਰਾ ਲੱਗ ਸਕਦਾ ਹੈ । ਜਦੋਂ ਪ੍ਰਭੂ ਦਾ ਨਾਮ ਮਨ ਵਿਚ ਮਿੱਠਾ ਲੱਗਦਾ ਹੈ ਤਦੋਂ ਦੁੱਖ ਨੇ (ਉਸ ਮਨ ਵਿਚੋਂ) ਆਪਣਾ ਡੇਰਾ ਚੁੱਕ ਲਿਆ (ਸਮਝੋ) ।

ਹੇ ਪ੍ਰਭੂ! ਜਦੋਂ ਤੂੰ ਹੁਕਮ ਕੀਤਾ ਤਦੋਂ ਆਤਮਕ ਆਨੰਦ ਮੇਰੇ ਮਨ ਵਿਚ ਆ ਵੱਸਦਾ ਹੈ । ਹੇ ਪ੍ਰਭੂ! ਜਿਸ ਤੈਂ ਨੇ ਆਪਣੇ ਆਪ ਨੂੰ ਆਪ ਹੀ (ਜਗਤ-ਰੂਪ ਵਿਚ) ਪਰਗਟ ਕੀਤਾ ਹੈ, ਜਦੋਂ ਤੂੰ ਮੈਨੂੰ ਪ੍ਰੇਰਨਾ ਕਰਦਾ ਹੈਂ ਤਦੋਂ ਹੀ ਮੈਂ ਤੇਰੀ ਸਿਫ਼ਤਿ-ਸਾਲਾਹ ਕਰ ਸਕਦਾ ਹਾਂ । ਮੇਰੀ ਤਾਂ ਤੇਰੇ ਦਰ ਤੇ ਅਰਜ਼ੋਈ ਹੀ

ਹੁੰਦੀ ਹੈ, ਮੇਹਰ ਦੀ ਨਜ਼ਰ ਤੂੰ ਆਪ ਕਰਦਾ ਹੈਂ ।੨।

ਜੀਵਾਂ ਦੇ ਕੀਤੇ ਕਰਮਾਂ ਅਨੁਸਾਰ ਖਸਮ-ਪ੍ਰਭੂ ਹਰੇਕ ਜੀਵ ਨੂੰ ਮਨੁੱਖਾ ਜਨਮ ਦੀ ਵਾਰੀ ਦੇਂਦਾ ਹੈ (ਪਿਛਲੇ ਕਰਮਾਂ ਦੇ ਸੰਸਕਾਰਾਂ ਅਨੁਸਾਰ ਹੀ ਕਿਸੇ ਨੂੰ ਚੰਗਾ ਤੇ ਕਿਸੇ ਨੂੰ ਮੰਦਾ ਬਣਾਂਦਾ ਹੈ, ਇਸ ਵਾਸਤੇ) ਕਿਸੇ ਮਨੁੱਖ ਨੂੰ ਭੈੜਾ ਆਖ ਆਖ ਕੇ ਕੋਈ ਝਗੜਾ ਖੜਾ ਨਹੀਂ ਕਰਨਾ ਚਾਹੀਦਾ (ਭੈੜਾ ਮਨੁੱਖ ਪ੍ਰਭੂ ਦੀ ਰਜ਼ਾ ਵਿਚ ਹੀ ਭੈੜਾ ਬਣਿਆ ਹੈ । ਭੈੜੇ ਨੂੰ ਨਿੰਦਿਆਂ ਪ੍ਰਭੂ ਨਾਲ ਝਗੜਾ ਹੈ । (ਸੋ, ਹੇ ਭਾਈ!) ਮਾਲਕ-ਪ੍ਰਭੂ ਨਾਲ ਝਗੜਾ ਨਹੀਂ ਪਾਣਾ ਚਾਹੀਦਾ, ਇਸ ਤਰ੍ਹਾਂ ਤਾਂ ਆਪਣੇ ਆਪ ਨੂੰ ਆਪ ਹੀ ਤਬਾਹ ਕਰ ਲਈਦਾ ਹੈ ।

ਜਿਸ ਮਾਲਕ ਦੇ ਆਸਰੇ ਸਦਾ ਜੀਊਣਾ ਹੈ, ਉਸੇ ਨਾਲ ਹੀ ਬਰਾਬਰੀ ਕਰ ਕੇ (ਜੇ ਦੁੱਖ ਪ੍ਰਾਪਤ ਹੋਇਆ ਤਾਂ ਫਿਰ ਉਸੇ ਪਾਸ) ਜਾ ਕੇ ਪੁਕਾਰ ਕਰਨ ਦਾ ਕੋਈ ਲਾਭ ਨਹੀਂ ਹੋ ਸਕਦਾ । ਪਰਮਾਤਮਾ ਜੋ (ਸੁਖ ਦੁਖ) ਦੇਂਦਾ ਹੈ ਉਹ (ਖਿੜੇ-ਮੱਥੇ) ਸਹਾਰਨਾ ਚਾਹੀਦਾ ਹੈ, ਗਿਲਾ-ਗੁਜ਼ਾਰੀ ਨਹੀਂ ਕਰਨੀ ਚਾਹੀਦੀ, ਗਿਲਾ ਗੁਜ਼ਾਰੀ ਕਰ ਕੇ ਵਿਅਰਥ ਬੋਲ-ਬੁਲਾਰਾ ਨਹੀਂ ਕਰਨਾ ਚਾਹੀਦਾ । (ਅਸਲ ਗੱਲ ਇਹ ਹੈ ਕਿ) ਸਾਡੇ ਕੀਤੇ ਕਰਮਾਂ ਅਨੁਸਾਰ ਖਸਮ-ਪ੍ਰਭੂ ਸਾਨੂੰ ਮਨੁੱਖਾ ਜਨਮ ਦੀ ਵਾਰੀ ਦੇਂਦਾ ਹੈ ।੩।

ਸਾਰੀ ਸ੍ਰਿਸ਼ਟੀ ਪਰਮਾਤਮਾ ਨੇ ਆਪ ਪੈਦਾ ਕੀਤੀ ਹੈ, ਆਪ ਹੀ ਹਰੇਕ ਜੀਵ ਉਤੇ ਮੇਹਰ ਦੀ ਨਿਗਾਹ ਕਰਦਾ ਹੈ । (ਉਸ ਦੇ ਦਰ ਤੋਂ ਸਭ ਜੀਵ ਦਾਤਾਂ ਮੰਗਦੇ ਹਨ) ਕੌੜੀ ਚੀਜ਼ ਭੀ ਨਹੀਂ ਮੰਗਦਾ, ਹਰੇਕ ਜੀਵ ਮਿੱਠੀਆਂ ਸੁਖਦਾਈ ਚੀਜ਼ਾਂ ਹੀ ਮੰਗਦਾ ਹੈ । ਹਰੇਕ ਜੀਵ ਮਿੱਠੇ ਪਦਾਰਥਾਂ ਦੀ ਮੰਗ ਹੀ ਮੰਗਦਾ ਹੈ, ਪਰ ਖਸਮ-ਪ੍ਰਭੂ ਉਹੀ ਕੁਝ ਕਰਦਾ ਹੈ ਜੋ ਉਸ ਨੂੰ ਚੰਗਾ ਜਾਪਦਾ ਹੈ ।

ਜੀਵ (ਦੁਨੀਆ ਦੇ ਮਿੱਠੇ ਪਦਾਰਥਾਂ ਦੀ ਖ਼ਾਤਰ) ਦਾਨ-ਪੁੰਨ ਕਰਦੇ ਹਨ, ਇਹੋ ਜਿਹੇ ਹੋਰ ਭੀ ਅਨੇਕਾਂ ਧਾਰਮਿਕ ਕੰਮ ਕਰਦੇ ਹਨ, ਪਰ ਪਰਮਾਤਮਾ ਦੇ ਨਾਮ ਦੇ ਬਰਾਬਰ ਹੋਰ ਕੋਈ ਉੱਦਮ ਨਹੀਂ ਹੈ । ਹੇ ਨਾਨਕ! ਜਿਨ੍ਹਾਂ ਬੰਦਿਆਂ ਉਤੇ ਧੁਰੋਂ ਪਰਮਾਤਮਾ ਵਲੋਂ ਕਦੇ ਬਖ਼ਸ਼ਸ਼ ਹੁੰਦੀ ਹੈ ਉਹਨਾਂ ਨੂੰ ਨਾਮ ਦੀ ਦਾਤਿ ਮਿਲਦੀ ਹੈ ।

ਇਹ ਸਾਰਾ ਜਗਤ ਪ੍ਰਭੂ ਨੇ ਆਪ ਹੀ ਪੈਦਾ ਕੀਤਾ ਹੈ ਤੇ ਆਪ ਹੀ ਸਭ ਉਤੇ ਮੇਹਰ ਦੀ ਨਜ਼ਰ ਕਰਦਾ ਹੈ ।੪।੧।

ਵਡਹੰਸੁ ਮਹਲਾ ੧ ॥ ਕਰਹੁ ਦਇਆ ਤੇਰਾ ਨਾਮੁ ਵਖਾਣਾ ॥ ਸਭ ਉਪਾਈਐ ਆਪਿ ਆਪੇ ਸਰਬ ਸਮਾਣਾ ॥ ਸਰਬੇ ਸਮਾਣਾ ਆਪਿ ਤੂਹੈ ਉਪਾਇ ਧੰਧੈ ਲਾਈਆ ॥ ਇਕਿ ਤੁਝ ਹੀ ਕੀਏ ਰਾਜੇ ਇਕਨਾ ਭਿਖ ਭਵਾਈਆ ॥ ਲੋਭੁ ਮੋਹੁ ਤੁਝੁ ਕੀਆ ਮੀਠਾ ਏਤੁ ਭਰਮਿ ਭੁਲਾਣਾ ॥ ਸਦਾ ਦਇਆ ਕਰਹੁ ਅਪਣੀ ਤਾਮਿ ਨਾਮੁ ਵਖਾਣਾ ॥੧॥ ਨਾਮੁ ਤੇਰਾ ਹੈ ਸਾਚਾ ਸਦਾ ਮੈ ਮਨਿ ਭਾਣਾ ॥ ਦੂਖੁ ਗਇਆ ਸੁਖੁ ਆਇ ਸਮਾਣਾ ॥ ਗਾਵਨਿ ਸੁਰਿ ਨਰ ਸੁਘੜ ਸੁਜਾਣਾ ॥ ਸੁਰਿ ਨਰ ਸੁਘੜ ਸੁਜਾਣ ਗਾਵਹਿ ਜੋ ਤੇਰੈ ਮਨਿ ਭਾਵਹੇ ॥ ਮਾਇਆ ਮੋਹੇ ਚੇਤਹਿ ਨਾਹੀ ਅਹਿਲਾ ਜਨਮੁ ਗਵਾਵਹੇ ॥ ਇਕਿ ਮੂੜ ਮੁਗਧ ਨ ਚੇਤਹਿ ਮੂਲੇ ਜੋ ਆਇਆ ਤਿਸੁ ਜਾਣਾ ॥ ਨਾਮੁ ਤੇਰਾ ਸਦਾ ਸਾਚਾ ਸੋਇ ਮੈ ਮਨਿ ਭਾਣਾ ॥੨॥ ਤੇਰਾ ਵਖਤੁ ਸੁਹਾਵਾ ਅੰਮ੍ਰਿਤੁ ਤੇਰੀ ਬਾਣੀ ॥ ਸੇਵਕ ਸੇਵਹਿ ਭਾਉ ਕਰਿ ਲਾਗਾ ਸਾਉ ਪਰਾਣੀ ॥ ਸਾਉ ਪ੍ਰਾਣੀ ਤਿਨਾ ਲਾਗਾ

ਜਿਨੀ ਅੰਮ੍ਰਿਤੁ ਪਾਇਆ ॥ ਨਾਮਿ ਤੇਰੈ ਜੋਇ ਰਾਤੇ ਨਿਤ ਚੜਹਿ ਸਵਾਇਆ ॥ ਇਕੁ ਕਰਮੁ ਧਰਮੁ ਨ ਹੋਇ ਸੰਜਮੁ ਜਾਮਿ ਨ ਏਕੁ ਪਛਾਣੀ ॥ ਵਖਤੁ ਸੁਹਾਵਾ ਸਦਾ ਤੇਰਾ ਅੰਮ੍ਰਿਤ ਤੇਰੀ ਬਾਣੀ ॥੩॥ ਹਉ ਬਲਿਹਾਰੀ ਸਾਚੇ ਨਾਵੈ ॥ ਰਾਜੁ ਤੇਰਾ ਕਬਹੁ ਨ ਜਾਵੈ ॥ ਰਾਜੋ ਤ ਤੇਰਾ ਸਦਾ ਨਿਹਚਲੁ ਏਹੁ ਕਬਹੁ ਨ ਜਾਵਏ ॥ ਚਾਕਰੁ ਤ ਤੇਰਾ ਸੋਇ ਹੋਵੈ ਜੋਇ ਸਹਜਿ ਸਮਾਵਏ ॥ ਦੁਸਮਨੁ ਤ ਦੂਖੁ ਨ ਲਗੈ ਮੂਲੇ ਪਾਪੁ ਨੇੜਿ ਨ ਆਵਏ ॥ ਹਉ ਬਲਿਹਾਰੀ ਸਦਾ ਹੋਵਾ ਏਕ ਤੇਰੇ ਨਾਵਏ ॥੪॥ ਜੁਗਹ ਜੁਗੰਤਰਿ ਭਗਤ ਤੁਮਾਰੇ ॥ ਕੀਰਤਿ ਕਰਹਿ ਸੁਆਮੀ ਤੇਰੈ ਦੁਆਰੇ ॥ ਜਪਹਿ ਤ ਸਾਚਾ ਏਕੁ ਮੁਰਾਰੇ ॥ ਸਾਚਾ ਮੁਰਾਰੇ ਤਾਮਿ ਜਾਪਹਿ ਜਾਮਿ ਮੰਨਿ ਵਸਾਵਹੇ ॥ ਭਰਮੋ ਭੁਲਾਵਾ ਤੁਝਹਿ ਕੀਆ ਜਾਮਿ ਏਹੁ ਚੁਕਾਵਹੇ ॥ ਗੁਰ ਪਰਸਾਦੀ ਕਰਹੁ ਕਿਰਪਾ ਲੇਹੁ ਜਮਹੁ ਉਬਾਰੇ ॥ ਜੁਗਹ ਜੁਗੰਤਰਿ ਭਗਤ ਤੁਮਾਰੇ ॥੫॥ ਵਡੇ ਮੇਰੇ ਸਾਹਿਬਾ ਅਲਖ ਅਪਾਰਾ ॥ ਕਿਉ ਕਰਿ ਕਰਉ ਬੇਨੰਤੀ ਹਉ ਆਖਿ ਨ ਜਾਣਾ ॥ ਨਦਰਿ ਕਰਹਿ ਤਾ ਸਾਚੁ ਪਛਾਣਾ ॥ ਸਾਚੋ ਪਛਾਣਾ ਤਾਮਿ ਤੇਰਾ ਜਾਮਿ ਆਪਿ ਬੁਝਾਵਹੇ ॥ ਦੂਖ ਭੂਖ ਸੰਸਾਰਿ ਕੀਏ ਸਹਸਾ ਏਹੁ ਚੁਕਾਵਹੇ ॥ ਬਿਨਵੰਤਿ ਨਾਨਕੁ ਜਾਇ ਸਹਸਾ ਬੁਝੈ ਗੁਰ ਬੀਚਾਰਾ ॥ ਵਡਾ ਸਾਹਿਬੁ ਹੈ ਆਪਿ ਅਲਖ ਅਪਾਰਾ ॥੬॥ ਤੇਰੇ ਬੰਕੇ ਲੋਇਣ ਦੰਤ ਰੀਸਾਲਾ ॥ ਸੋਹਣੇ ਨਕ ਜਿਨ ਲੰਮੜੇ ਵਾਲਾ ॥ ਕੰਚਨ ਕਾਇਆ ਸੁਇਨੇ ਕੀ ਢਾਲਾ ॥ ਸੋਵੰਨ ਢਾਲਾ ਕ੍ਰਿਸਨ ਮਾਲਾ ਜਪਹੁ ਤੁਸੀ ਸਹੇਲੀਹੋ ॥ ਜਮ ਦੁਆਰਿ ਨ ਹੋਹੁ ਖੜੀਆ ਸਿਖ ਸੁਣਹੁ ਮਹੇਲੀਹੋ ॥ ਹੰਸ ਹੰਸਾ ਬਗ ਬਗਾ ਲਹੈ ਮਨ ਕੀ ਜਾਲਾ ॥ ਬੰਕੇ ਲੋਇਣ ਦੰਤ ਰੀਸਾਲਾ ॥੭॥ ਤੇਰੀ ਚਾਲ ਸੁਹਾਵੀ ਮਧੁਰਾੜੀ ਬਾਣੀ ॥ ਕੁਹਕਨਿ ਕੋਕਿਲਾ ਤਰਲ ਜੁਆਣੀ ॥ ਤਰਲਾ ਜੁਆਣੀ ਆਪਿ ਭਾਣੀ ਇਛ ਮਨ ਕੀ ਪੂਰੀਏ ॥ ਸਾਰੰਗ ਜਿਉ ਪਗੁ ਧਰੈ ਠਿਮਿ ਠਿਮਿ ਆਪਿ ਆਪੁ ਸੰਧੂਰਏ ॥ ਸ੍ਰੀਰੰਗ ਰਾਤੀ ਫਿਰੈ ਮਾਤੀ ਉਦਕੁ ਗੰਗਾ ਵਾਣੀ ॥ ਬਿਨਵੰਤਿ ਨਾਨਕੁ ਦਾਸੁ ਹਰਿ ਕਾ ਤੇਰੀ ਚਾਲ ਸੁਹਾਵੀ ਮਧੁਰਾੜੀ ਬਾਣੀ ॥੮॥੨॥ {ਪੰਨਾ 566-567}

ਪਦਅਰਥ:- ਵਖਾਣਾ—ਮੈਂ ਉਚਾਰਾਂ । ਉਪਾਈਐ—ਪੈਦਾ ਕੀਤੀ ਹੈ । ਸਰਬ—ਸਾਰਿਆਂ ਵਿਚ । ਉਪਾਇ—ਪੈਦਾ ਕਰ ਕੇ । ਧੰਧੈ—ਆਹਰ ਵਿਚ, ਮਾਇਆ ਦੀ ਦੌੜ-ਭਜ ਵਿਚ । ਇਕਿ—{ਲਫ਼ਜ਼ 'ਇਕ' ਤੋਂ ਬਹੁ-ਵਚਨ} । ਏਤੁ ਭਰਮਿ—ਇਸ ਭਰਮ ਵਿਚ, ਇਸ ਭਟਕਣਾ ਵਿਚ । ਤਾਮਿ—ਤਦੋਂ ਹੀ ।੧।

ਸਾਚਾ—ਸਦਾ-ਥਿਰ ਰਹਿਣ ਵਾਲਾ । ਮੈ ਮਨਿ—ਮੇਰੇ ਮਨ ਵਿਚ । ਭਾਣਾ—ਪਿਆਰਾ ਲੱਗਦਾ ਹੈ । ਸੁਰਿ ਨਰ—ਸ੍ਰੇਸ਼ਟ ਮਨੁੱਖ । ਸੁਘੜ—ਸੁਚੱਜੇ । ਸੁਜਾਣ—ਸਿਆਣੇ । ਭਾਵਹੇ—ਭਾਵਹਿ, ਭਾਉਂਦੇ ਹਨ । ਅਹਿਲਾ—ਆਹਲਾ, ਸ੍ਰੇਸ਼ਟ । ਮੂੜ ਮੁਗਧ—ਮੂਰਖ । ਮੂਲੇ—ਉੱਕਾ ਹੀ । ਸੋਇ—ਉਹੀ ।੨।

ਵਖਤੁ—ਸਮਾ । ਤੇਰਾ ਵਖਤੁ—ਉਹ ਸਮਾ ਜਦੋਂ ਤੂੰ ਯਾਦ ਆਵੇਂ । ਅੰਮ੍ਰਿਤ—ਆਤਮਕ ਜੀਵਨ ਦੇਣ ਵਾਲੀ । ਭਾਉ—ਪ੍ਰੇਮ । ਸਾਉ—ਸੁਆਦ, ਆਨੰਦ । ਨਾਮਿ—ਨਾਮ ਵਿਚ । ਜੋਇ—ਜੇਹੜੇ ਬੰਦੇ । ਚੜਹਿ ਸਵਾਇਆ—ਵਧਦੇ ਫੁਲਦੇ ਹਨ । ਜਾਮਿ—ਜਦੋਂ । ਨ ਪਛਾਣੀ—ਮੈਂ ਨਹੀਂ ਪਛਾਣਦਾ ।੩।

ਹਉ—ਮੈਂ । ਨਾਵੈ—ਨਾਮ ਤੋਂ । ਨਿਹਚਲੁ—ਅਟੱਲ । ਨ ਜਾਵਏ—ਨ ਜਾਵੈ, ਨਹੀਂ ਜਾਂਦਾ । ਚਾਕਰੁ—ਸੇਵਕ । ਸਹਜਿ—ਅਡੋਲ ਆਤਮਕ ਅਵਸਥਾ ਵਿਚ । ਸਮਾਵਏ—ਸਮਾਵੈ, ਲੀਨ ਹੁੰਦਾ ਹੈ । ਨੇੜਿ—ਨੇੜੇ । ਹੋਵਾ—ਮੈਂ ਹੋਵਾਂ । ਤੇਰੇ ਨਾਵਏ—ਤੇਰੇ ਨਾਵੈ, ਤੇਰੇ ਨਾਮ ਤੋਂ ।੪।

ਜੁਗਹ ਜੁਗੰਤਰਿ—ਜੁਗ ਜੁਗ ਅੰਤਰਿ, ਹਰੇਕ ਜੁਗ ਵਿਚ । ਕੀਰਤਿ—ਸਿਫ਼ਤਿ-ਸਾਲਾਹ । ਤੇਰੈ ਦੁਆਰੇ—ਤੇਰੇ ਦਰ ਤੇ । ਸਾਚਾ—ਸਦਾ-ਥਿਰ ਰਹਿਣ ਵਾਲਾ । ਮੁਰਾਰੇ—{mr-Air} ਪਰਮਾਤਮਾ । ਤਾਮਿ—ਤਦੋਂ ਹੀ । ਮੰਨਿ—(ਉਹਨਾਂ ਦੇ) ਮਨ ਵਿਚ । ਵਸਾਵਹੇ—ਤੂੰ (ਨਾਮ) ਵਸਾਂਦਾ ਹੈਂ । ਭਰਮੋ—ਭਟਕਣਾ । ਤੁਝਹਿ—ਤੂੰ ਹੀ । ਏਹੁ—ਇਹ ਭਰਮ ਭੁਲਾਵਾ । ਚੁਕਾਵਹਿ—ਤੂੰ ਮੁਕਾਂਦਾ ਹੈਂ । ਜਮਹੁ—ਜਮ ਤੋਂ । ਲੇਹੁ ਉਬਾਰੇ—ਬਚਾ ਲੈਂਦਾ ਹੈਂ ।੫।

ਅਲਖ—{A|™X} ਅਦ੍ਰਿਸ਼ਟ । ਅਪਾਰਾ—ਜਿਸ ਦੇ ਗੁਣਾਂ ਦਾ ਪਾਰਲਾ ਬੰਨਾ ਨਾਹ ਲੱਭ ਸਕੇ । ਕਿਉ ਕਰਿ—ਕਿਵੇਂ? ਕਰਉ—ਮੈਂ ਕਰਾਂ । ਹਉ—ਮੈਂ । ਆਖਿ ਨਾ ਜਾਣਾ—ਮੈਂ ਆਖਣੀ ਜਾਣਦਾ ਨਹੀਂ । ਤੇਰਾ—ਤੇਰਾ (ਸਰੂਪ) । ਬੁਝਾਵਹੇ—ਬੁਝਾਵਹਿ, ਤੂੰ ਸਮਝ ਦੇਂਦਾ ਹੈਂ । ਸੰਸਾਰਿ—ਸੰਸਾਰ ਵਿਚ । ਸਹਸਾ—ਸਹਿਮ । ਜਾਇ—ਦੂਰ ਹੋ ਜਾਂਦਾ ਹੈ ।੬।

ਬੰਕੇ—ਬਾਂਕੇ । ਲੋਇਣ—ਅੱਖਾਂ । ਦੰਤ—ਦੰਦ । ਰਸੀਲਾ—(ਰਸ-ਆਲਯ) ਸੋਹਣੇ । ਨਕ—{ਬਹੁ-ਵਚਨ} । ਜਿਨ—ਜਿਨ੍ਹਾਂ ਦੇ {ਜਿਸੁ—ਜਿਸ ਦਾ । ਜਿਨ—ਜਿਨ੍ਹਾਂ ਦਾ, ਜਿਨ੍ਹਾਂ ਦੇ} । ਲੰਮੜੇ—ਸੋਹਣੇ ਲੰਮੇ । ਵਾਲਾ—ਕੇਸ । ਕੰਚਨ ਕਾਇਆ—ਸੋਨੇ ਦਾ ਸਰੀਰ, ਸੋਹਣਾ ਅਰੋਗ ਸਰੀਰ । ਢਾਲਾ—ਢਾਲਿਆ ਹੋਇਆ । ਸੋਵੰਨ—ਸੋਨੇ ਦਾ । ਕ੍ਰਿਸਨ ਮਾਲਾ—ਵੈਜਯੰਤੀ ਮਾਲਾ (ਵਿਸ਼ਨੂੰ ਦੀ) । ਦੁਆਰਿ—ਦਰ ਤੇ । ਸਿਖ—ਸਿੱਖਿਆ । ਸਹੇਲੀਹੋ—ਹੇ ਜੀਵ-ਇਸਤ੍ਰੀਓ! ਹੰਸ ਹੰਸਾ—ਵੱਡੇ ਹੰਸ, ਬਹੁਤ ਸ੍ਰੇਸ਼ਟ ਮਨੁੱਖ । ਬਗ ਬਗਾ—ਵੱਡੇ ਬਗਲੇ, ਮਹਾ ਠੱਗ । ਲਹੈ—ਦੂਰ ਹੋ ਜਾਂਦਾ ਹੈ ।੭।

ਮਧੁਰਾੜੀ—ਸੋਹਣੀ ਮਿੱਠੀ । ਕੁਹਕਨਿ—ਕੂਕਦੀਆਂ ਹਨ । ਕੋਇਲਾ—ਕੋਇਲਾਂ । ਤਰਲ—ਚੰਚਲ । ਜੁਆਣੀ—ਜਵਾਨੀ । ਭਾਣੀ—ਪਿਆਰੀ ਲੱਗੀ । ਸਾਰੰਗ—ਹਾਥੀ । ਪਗੁ—ਪੈਰ । ਠਿਮਿ ਠਿਮਿ—ਮਟਕ ਨਾਲ । ਆਪੁ—ਆਪਣੇ ਆਪ ਨੂੰ । ਸੰਧੂਰਏ—ਮਸਤ ਕਰਦਾ ਹੈ । ਸ੍ਰੀਰੰਗ—ਲੱਛਮੀ-ਪਤੀ ਪ੍ਰਭੂ । ਮਾਤੀ—ਮਸਤ । ਉਦਕੁ—ਪਾਣੀ । ਵਾਣੀ—ਸਿਫ਼ਤਿ-ਸਾਲਾਹ ਦੀ ਬਾਣੀ । ਬਿਨਵੰਤਿ—ਬੇਨਤੀ ਕਰਦਾ ਹੈ ।੮।

ਅਰਥ:- ਹੇ ਪ੍ਰਭੂ! ਮੇਹਰ ਕਰ ਕਿ ਮੈਂ ਤੇਰਾ ਨਾਮ ਸਿਮਰ ਸਕਾਂ । ਤੂੰ ਸਾਰੀ ਸ੍ਰਿਸ਼ਟੀ ਆਪ ਹੀ ਪੈਦਾ ਕੀਤੀ ਹੈ ਤੇ ਆਪ ਹੀ ਸਭ ਜੀਵਾਂ ਵਿਚ ਵਿਆਪਕ ਹੈਂ । ਤੂੰ ਆਪ ਹੀ ਸਭ ਜੀਵਾਂ ਵਿਚ ਸਮਾਇਆ ਹੋਇਆ ਹੈਂ, ਪੈਦਾ ਕਰ ਕੇ ਤੂੰ ਆਪ ਹੀ ਸ੍ਰਿਸ਼ਟੀ ਨੂੰ ਮਾਇਆ ਦੀ ਦੌੜ-ਭੱਜ ਵਿਚ ਲਾਇਆ ਹੋਇਆ ਹੈ ।

ਕਈ ਜੀਵਾਂ ਨੂੰ ਤੂੰ ਆਪ ਹੀ ਰਾਜੇ ਬਣਾ ਦਿੱਤਾ ਹੈ, ਤੇ ਕਈ ਜੀਵਾਂ ਨੂੰ (ਮੰਗਤੇ ਬਣਾ ਕੇ) ਭਿੱਖਿਆ ਮੰਗਣ ਵਾਸਤੇ (ਦਰ ਦਰ) ਭਵਾ ਰਿਹਾ ਹੈਂ ।

ਹੇ ਪ੍ਰਭੂ! ਤੂੰ ਲੋਭ ਅਤੇ ਮੋਹ ਨੂੰ ਮਿੱਠਾ ਬਣਾ ਦਿੱਤਾ ਹੈ, ਜਗਤ ਇਸ ਭਟਕਣਾ ਵਿਚ ਪੈ ਕੇ ਕੁਰਾਹੇ ਪੈ ਰਿਹਾ ਹੈ । ਜੇ ਤੂੰ ਸਦਾ ਆਪਣੀ ਮੇਹਰ ਕਰਦਾ ਰਹੇਂ ਤਾਂ ਹੀ ਮੈਂ ਤੇਰਾ ਨਾਮ ਸਿਮਰ ਸਕਦਾ ਹਾਂ ।੧।

ਹੇ ਪ੍ਰਭੂ! ਤੇਰਾ ਨਾਮ ਸਦਾ-ਥਿਰ ਰਹਿਣ ਵਾਲਾ ਹੈ, ਤੇਰਾ ਨਾਮ ਮੈਨੂੰ ਮਨ ਵਿਚ ਪਿਆਰਾ ਲੱਗਦਾ ਹੈ ।

ਜੇਹੜਾ ਮਨੁੱਖ ਤੇਰਾ ਨਾਮ ਸਿਮਰਦਾ ਹੈ ਉਸ ਦਾ ਦੁਖ ਦੂਰ ਹੋ ਜਾਂਦਾ ਹੈ ਤੇ ਆਤਮਕ ਆਨੰਦ ਉਸ ਦੇ ਅੰਦਰ ਆ ਵੱਸਦਾ ਹੈ ।

ਭਾਗਾਂ ਵਾਲੇ ਸੁਚੱਜੇ ਸਿਆਣੇ ਮਨੁੱਖ ਤੇਰੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦੇ ਹਨ । ਹੇ ਪ੍ਰਭੂ! ਜੇਹੜੇ ਬੰਦੇ ਤੇਰੇ ਮਨ ਵਿਚ ਪਿਆਰੇ ਲੱਗਦੇ ਹਨ ਉਹ ਭਾਗਾਂ ਵਾਲੇ ਸੁਚੱਜੇ ਸਿਆਣੇ ਤੇਰੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦੇ ਹਨ । ਪਰ ਜੋ ਮਨੁੱਖ ਮਾਇਆ ਵਿਚ ਮੋਹੇ ਜਾਂਦੇ ਹਨ ਉਹ ਤੈਨੂੰ ਨਹੀਂ ਸਿਮਰਦੇ ਉਹ ਆਪਣਾ ਅਮੋਲਕ ਜਨਮ ਗਵਾ ਲੈਂਦੇ ਹਨ ।

ਅਨੇਕਾਂ ਐਸੇ ਮੂਰਖ ਮਨੁੱਖ ਹਨ ਜੋ, ਹੇ ਪ੍ਰਭੂ! ਤੈਨੂੰ ਯਾਦ ਨਹੀਂ ਕਰਦੇ (ਉਹ ਇਹ ਨਹੀਂ ਸਮਝਦੇ ਕਿ) ਜੇਹੜਾ ਜਗਤ ਵਿਚ ਜੰਮਿਆ ਹੈ ਉਸ ਨੇ (ਆਖ਼ਰ ਇਥੋਂ) ਚਲੇ ਜਾਣਾ ਹੈ । ਹੇ ਪ੍ਰਭੂ! ਤੇਰਾ ਨਾਮ ਸਦਾ ਹੀ ਥਿਰ ਰਹਿਣ ਵਾਲਾ ਹੈ, ਤੇਰਾ ਨਾਮ ਮੇਰੇ ਮਨ ਵਿਚ ਪਿਆਰਾ ਲੱਗ ਰਿਹਾ ਹੈ ।੨।

ਹੇ ਪ੍ਰਭੂ! ਤੇਰੀ ਸਿਫ਼ਤਿ-ਸਾਲਾਹ ਦੀ ਬਾਣੀ ਅੰਮ੍ਰਿਤ ਹੈ (ਅਟੱਲ ਆਤਮਕ ਜੀਵਨ ਦੇਣ ਵਾਲੀ ਹੈ) ਉਹ ਵਕਤ ਬਹੁਤ ਸੁਹਾਵਣਾ ਲੱਗਦਾ ਹੈ ਜਦੋਂ ਤੇਰਾ ਨਾਮ ਚੇਤੇ ਕਰੀਦਾ ਹੈ । ਜਿਨ੍ਹਾਂ ਬੰਦਿਆਂ ਨੂੰ ਤੇਰੇ ਨਾਮ ਦਾ ਰਸ ਆਉਂਦਾ ਹੈ ਉਹ ਸੇਵਕ ਪ੍ਰੇਮ ਨਾਲ ਤੇਰਾ ਨਾਮ ਸਿਮਰਦੇ ਹਨ । ਉਹਨਾਂ ਹੀ ਬੰਦਿਆਂ ਨੂੰ ਨਾਮ ਦਾ ਰਸ ਆਉਂਦਾ ਹੈ ਜਿਨ੍ਹਾਂ ਨੂੰ ਇਹ ਨਾਮ-ਅੰਮ੍ਰਿਤ ਪ੍ਰਾਪਤ ਹੁੰਦਾ ਹੈ । ਹੇ ਪ੍ਰਭੂ! ਜੇਹੜੇ ਬੰਦੇ ਤੇਰੇ ਨਾਮ ਵਿਚ ਜੁੜਦੇ ਹਨ ਉਹ (ਆਤਮਕ ਜੀਵਨ ਦੀ ਉੱਨਤੀ ਵਿਚ) ਸਦਾ ਵਧਦੇ ਫੁੱਲਦੇ ਰਹਿੰਦੇ ਹਨ ।

ਹੇ ਪ੍ਰਭੂ! ਜਦੋਂ ਤਕ ਮੈਂ ਇਕ ਤੇਰੇ ਨਾਲ ਡੂੰਘੀ ਸਾਂਝ ਨਹੀਂ ਪਾਂਦਾ ਤਦੋਂ ਤਕ ਹੋਰ ਕੋਈ ਇੱਕ ਭੀ ਧਰਮ-ਕਰਮ ਕੋਈ ਇੱਕ ਭੀ ਸੰਜਮ ਕਿਸੇ ਅਰਥ ਨਹੀਂ । ਤੇਰੀ ਸਿਫ਼ਤਿ-ਸਾਲਾਹ ਦੀ ਬਾਣੀ ਆਤਮਕ ਜੀਵਨ-ਦਾਤੀ ਹੈ, ਉਹ ਵੇਲਾ ਬਹੁਤ ਸੁਹਾਵਣਾ ਲੱਗਦਾ ਹੈ ਜਦੋਂ ਤੇਰਾ ਨਾਮ ਸਿਮਰੀਦਾ ਹੈ ।੩।

ਹੇ ਪ੍ਰਭੂ! ਮੈਂ ਤੇਰੇ ਸਦਾ-ਥਿਰ ਰਹਿਣ ਵਾਲੇ ਨਾਮ ਤੋਂ ਕੁਰਬਾਨ ਜਾਂਦਾ ਹਾਂ । ਤੇਰਾ ਰਾਜ ਕਦੇ ਭੀ ਨਾਸ ਹੋਣ ਵਾਲਾ ਨਹੀਂ ਹੈ । ਹੇ ਪ੍ਰਭੂ! ਤੇਰਾ ਰਾਜ ਸਦਾ ਅਟੱਲ ਰਹਿਣ ਵਾਲਾ ਹੈ, ਇਹ ਕਦੇ ਭੀ ਨਾਸ ਨਹੀਂ ਹੋ ਸਕਦਾ । ਉਹੀ ਮਨੁੱਖ ਤੇਰਾ ਅਸਲ ਭਗਤ-ਸੇਵਕ ਹੈ ਜੋ (ਤੇਰਾ ਨਾਮ ਸਿਮਰ ਕੇ) ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ । ਕੋਈ ਵੈਰੀ ਕੋਈ ਦੁੱਖ ਕਦੇ ਭੀ ਉਸ ਦਾ ਲਾਗੂ ਨਹੀਂ ਹੋ ਸਕਦਾ, ਕੋਈ ਪਾਪ ਉਸ ਦੇ ਨੇੜੇ ਨਹੀਂ ਢੁਕਦਾ ।

ਹੇ ਪ੍ਰਭੂ! ਮੈਂ ਸਦਾ ਤੇਰੇ ਹੀ ਨਾਮ ਤੋਂ ਸਦਕੇ ਜਾਂਦਾ ਹਾਂ ।੪।

ਹੇ ਪ੍ਰਭੂ! ਹਰੇਕ ਜੁਗ ਵਿਚ ਹੀ ਤੇਰੇ ਭਗਤ ਮੌਜੂਦ ਰਹੇ ਹਨ, ਜੋ, ਹੇ ਸੁਆਮੀ! ਤੇਰੇ ਦਰ ਤੇ ਤੇਰੀ ਸਿਫ਼ਤਿ-ਸਾਲਾਹ ਕਰਦੇ ਹਨ, ਜੋ ਸਦਾ ਤੈਨੂੰ ਹੀ ਸਦਾ-ਥਿਰ ਪ੍ਰਭੂ ਨੂੰ ਸਿਮਰਦੇ ਹਨ । ਹੇ ਪ੍ਰਭੂ! ਤੈਨੂੰ ਸਦਾ-ਥਿਰ ਨੂੰ ਉਹ ਤਦੋਂ ਹੀ ਜਪ ਸਕਦੇ ਹਨ ਜਦੋਂ ਤੂੰ ਆਪ ਉਹਨਾਂ ਦੇ ਮਨ ਵਿਚ ਆਪਣਾ ਨਾਮ ਵਸਾਂਦਾ ਹੈਂ, ਜਦੋਂ ਤੂੰ ਉਹਨਾਂ ਦੇ ਮਨ ਵਿਚੋਂ ਮਾਇਆ ਵਾਲੀ ਭਟਕਣਾ ਦੂਰ ਕਰਦਾ ਹੈਂ ਜੋ ਤੂੰ ਆਪ ਹੀ ਪੈਦਾ ਕੀਤੀ ਹੋਈ ਹੈ ।

ਹੇ ਪ੍ਰਭੂ! ਗੁਰੂ ਦੀ ਕਿਰਪਾ ਦੀ ਰਾਹੀਂ ਤੂੰ ਆਪਣੇ ਭਗਤਾਂ ਉੱਤੇ ਮੇਹਰ ਕਰਦਾ ਹੈਂ, ਤੇ ਉਹਨਾਂ ਨੂੰ ਜਮਾਂ ਤੋਂ ਬਚਾ ਲੈਂਦਾ ਹੈਂ । ਹਰੇਕ ਜੁਗ ਵਿਚ ਹੀ ਤੇਰੇ ਭਗਤ-ਸੇਵਕ ਮੌਜੂਦ ਰਹੇ ਹਨ ।੫।

ਹੇ ਮੇਰੇ ਵੱਡੇ ਮਾਲਕ! ਹੇ ਅਦ੍ਰਿਸ਼ਟ ਮਾਲਕ! ਹੇ ਬੇਅੰਤ ਮਾਲਕ! ਮੈਂ (ਤੇਰੇ ਦਰ ਤੇ) ਕਿਵੇਂ ਬੇਨਤੀ ਕਰਾਂ? ਮੈਨੂੰ ਤਾਂ ਬੇਨਤੀ ਕਰਨੀ ਭੀ ਨਹੀਂ ਆਉਂਦੀ । ਜੇ ਤੂੰ ਆਪ (ਮੇਰੇ ਉਤੇ) ਮੇਹਰ ਦੀ ਨਿਗਾਹ

ਕਰੇਂ ਤਾਂ ਹੀ ਮੈਂ ਤੇਰੇ ਸਦਾ-ਥਿਰ ਨਾਮ ਨਾਲ ਸਾਂਝ ਪਾ ਸਕਦਾ ਹਾਂ । ਤੇਰਾ ਸਦਾ-ਥਿਰ ਨਾਮ ਮੈਂ ਤਦੋਂ ਹੀ ਪਛਾਣ ਸਕਦਾ ਹਾਂ (ਤਦੋਂ ਹੀ ਇਸ ਦੀ ਕਦਰ ਪਾ ਸਕਦਾ ਹਾਂ) ਜਦੋਂ ਤੂੰ ਆਪ ਮੈਨੂੰ ਇਹ ਸੂਝ ਬਖ਼ਸ਼ੇਂ, ਜਦੋਂ ਤੂੰ ਮੇਰੇ ਮਨ ਵਿਚੋਂ ਮਾਇਆ ਦੀ ਤ੍ਰਿਸ਼ਨਾ ਅਤੇ (ਇਸ ਤੋਂ ਪੈਦਾ ਹੋਣ ਵਾਲੇ) ਉਹਨਾਂ ਦੁੱਖਾਂ ਦਾ ਸਹਿਮ ਦੂਰ ਕਰੇਂ ਜੇਹੜੇ ਕਿ ਜਗਤ ਵਿਚ ਤੂੰ ਆਪ ਹੀ ਪੈਦਾ ਕੀਤੇ ਹੋਏ ਹਨ ।

ਨਾਨਕ ਬੇਨਤੀ ਕਰਦਾ ਹੈ ਕਿ ਜਦੋਂ ਮਨੁੱਖ ਗੁਰੂ ਦੇ ਸ਼ਬਦ ਦੀ ਵਿਚਾਰ ਸਮਝਦਾ ਹੈ ਤਾਂ (ਇਸ ਦੇ ਅੰਦਰੋਂ ਦੁੱਖ ਆਦਿਕਾਂ ਦਾ) ਸਹਿਮ ਦੂਰ ਹੋ ਜਾਂਦਾ ਹੈ (ਅਤੇ ਯਕੀਨ ਬਣ ਜਾਂਦਾ ਹੈ ਕਿ) ਅਦ੍ਰਿਸ਼ਟ ਤੇ ਬੇਅੰਤ ਪ੍ਰਭੂ ਆਪ (ਸਭ ਜੀਵਾਂ ਦੇ ਸਿਰ ਉਤੇ) ਵੱਡਾ ਮਾਲਕ ਹੈ ।੬।

(ਹੇ ਸਰਬ-ਵਿਆਪਕ ਸਿਰਜਣਹਾਰ! ਜਗਤ ਦੀ ਸਾਰੀ ਸੁੰਦਰਤਾ ਤੂੰ ਹੀ ਆਪਣੇ ਸਰੂਪ ਤੋਂ ਰਚੀ ਹੈ । ਤੂੰ ਉਹ ਉਹ ਇਸਤ੍ਰੀ ਮਰਦ ਪੈਦਾ ਕੀਤੇ ਹਨ ਜਿਨ੍ਹਾਂ ਦੇ ਨੈਣ ਦੰਦ ਨੱਕ ਕੇਸ ਆਦਿਕ ਸਾਰੇ ਹੀ ਅੰਗ ਮਹਾਨ ਸੁੰਦਰ ਹਨ । ਉਹਨਾਂ ਵਿਚ, ਹੇ ਪ੍ਰਭੂ! ਤੂੰ ਆਪ ਹੀ ਬੈਠਾ ਜੀਵਨ-ਜੋਤਿ ਜਗਾ ਰਿਹਾ ਹੈਂ । ਸੋ) ਹੇ ਪ੍ਰਭੂ! ਤੇਰੇ ਨੈਣ ਬਾਂਕੇ ਹਨ, ਤੇਰੇ ਦੰਦ ਸੋਹਣੇ ਹਨ, ਤੇਰਾ ਨੱਕ ਸੋਹਣਾ ਹੈ, ਤੇਰੇ ਸੋਹਣੇ ਲੰਮੇ ਕੇਸ ਹਨ (ਜਿਨ੍ਹਾਂ ਦੇ ਸੋਹਣੇ ਨੱਕ ਹਨ, ਜਿਨ੍ਹਾਂ ਦੇ ਸੋਹਣੇ ਲੰਮੇ ਕੇਸ ਹਨ; ਇਹ ਭੀ, ਹੇ ਪ੍ਰਭੂ! ਤੇਰੇ ਹੀ ਨੱਕ ਤੇਰੇ ਹੀ ਕੇਸ ਹਨ) । ਹੇ ਪ੍ਰਭੂ! ਤੇਰਾ ਸਰੀਰ ਸੋਨੇ ਵਰਗਾ ਸੁੱਧ ਅਰੋਗ ਹੈ ਤੇ ਸੁਡੌਲ ਹੈ, ਮਾਨੋ, ਸੋਨੇ ਵਿਚ ਹੀ ਢਲਿਆ ਹੋਇਆ ਹੈ ।

ਹੇ ਸਹੇਲੀਹੋ! (ਹੇ ਸਤਸੰਗੀ ਸੱਜਣੋ! ਤੁਸੀ ਉਸ ਪਰਮਾਤਮਾ (ਦੇ ਨਾਮ) ਦੀ ਮਾਲਾ ਜਪੋ (ਉਸ ਪਰਮਾਤਮਾ ਦਾ ਨਾਮ ਮੁੜ ਮੁੜ ਜਪੋ) ਜਿਸ ਦਾ ਸਰੀਰ ਅਰੋਗ ਤੇ ਸੁਡੌਲ ਹੈ, ਮਾਨੋ, ਸੋਨੇ ਵਿਚ ਢਲਿਆ ਹੋਇਆ ਹੈ ।

ਹੇ ਜੀਵ-ਇਸਤ੍ਰੀਓ! ਮੇਰੀ ਸਿੱਖਿਆ ਸੁਣੋ । (ਜੇ ਤੁਸੀ ਉਸ ਅਰੋਗ ਤੇ ਸੁਡੌਲ ਸਰੂਪ ਵਾਲੇ ਸਰਬ-ਵਿਆਪਕ ਸਿਰਜਣਹਾਰ ਦਾ ਨਾਮ ਜਪੋ ਗੀਆਂ, ਤਾਂ) ਤੁਸੀ (ਅੰਤ ਵੇਲੇ) ਜਮ-ਰਾਜ ਦੇ ਦਰਵਾਜ਼ੇ ਤੇ ਖੜੀਆਂ ਨਹੀਂ ਹੋਵੋਗੀਆਂ । (ਜੇਹੜੇ ਬੰਦੇ ਉਸ ਪਰਮਾਤਮਾ ਦਾ ਨਾਮ ਜਪਦੇ ਹਨ ਉਹਨਾਂ ਦੇ) ਮਨ ਤੋਂ ਵਿਕਾਰਾਂ ਦੀ ਮੈਲ ਲਹਿ ਜਾਂਦੀ ਹੈ । (ਸਿਮਰਨ ਦੀ ਬਰਕਤਿ ਨਾਲ (ਮਹਾ ਪਾਖੰਡੀ ਬਗਲਿਆਂ ਤੋਂ ਸ੍ਰੇਸ਼ਟ ਹੰਸ ਬਣ ਜਾਂਦੇ ਹਨ (ਪਖੰਡੀ ਬੰਦਿਆਂ ਤੋਂ ਉੱਚੇ ਜੀਵਨ ਵਾਲੇ ਗੁਰਮੁਖ ਬਣ ਜਾਂਦੇ ਹਨ) ।

ਹੇ ਸਹੇਲੀਹੋ! (ਉਸ ਸਰਬ-ਵਿਆਪਕ ਪ੍ਰਭੂ ਦੇ) ਸੋਹਣੇ ਨੈਣ ਹਨ, ਸੋਹਣੇ ਦੰਦ ਹਨ (ਇਸ ਦਿੱਸਦੇ ਸੰਸਾਰ ਦੀ ਸਾਰੀ ਹੀ ਸੁੰਦਰਤਾ ਦਾ ਸੋਮਾ ਪ੍ਰਭੂ ਆਪ ਹੀ ਹੈ) ।੭।

(ਕਿਤੇ ਮਿੱਠੀ ਵੈਰਾਗ-ਭਰੀ ਸੁਰ ਵਿਚ ਕੋਇਲਾਂ ਕੂਕ ਰਹੀਆਂ ਹਨ, ਕਿਤੇ ਚੰਚਲ ਜਵਾਨੀ ਦੇ ਮਦ-ਭਰੀਆਂ ਸੁੰਦਰੀਆਂ ਹਨ ਜੋ ਮਸਤ ਹਾਥੀ ਵਾਂਗ ਬੜੀ ਮਟਕ ਨਾਲ ਤੁਰਦੀਆਂ ਹਨ । ਹੇ ਪ੍ਰਭੂ! ਇਹ ਕੋਇਲ ਦੀ ਮਿੱਠੀ ਬੋਲੀ ਤੇ ਚੰਚਲ ਜਵਾਨੀ ਦਾ ਮਦ ਸਭ ਕੁਝ ਤੂੰ ਆਪ ਹੀ ਪੈਦਾ ਕੀਤਾ ਹੈ । ਸੋ ਹੇ ਪ੍ਰਭੂ!) ਤੇਰੀ (ਮਸਤ) ਚਾਲ (ਮਨ ਨੂੰ) ਸੁਖ ਦੇਣ ਵਾਲੀ ਹੈ, ਤੇਰੀ ਬੋਲੀ ਸੋਹਣੀ ਮਿੱਠੀ ਮਿੱਠੀ ਹੈ । (ਤੇਰੀਆਂ ਹੀ ਪੈਦਾ ਕੀਤੀਆਂ) ਕੋਇਲਾਂ ਮਿੱਠੀ (ਵੈਰਾਗ-ਭਰੀ ਸੁਰ ਵਿਚ) ਕੂਕ ਰਹੀਆਂ ਹਨ, (ਤੇਰੀਆਂ ਹੀ ਪੈਦਾ ਕੀਤੀਆਂ) ਚੰਚਲ ਜਵਾਨੀ ਦੇ ਮਦ-ਭਰੀਆਂ ਸੁੰਦਰੀਆਂ ਹਨ ।

ਇਹ ਚੰਚਲ ਜੁਆਨੀ ਪ੍ਰਭੂ ਨੇ ਆਪ ਹੀ ਪੈਦਾ ਕੀਤੀ, ਉਸ ਨੂੰ ਆਪ ਨੂੰ ਹੀ ਇਸ ਦਾ ਪੈਦਾ ਕਰਨਾ ਚੰਗਾ ਲੱਗਾ, ਉਸ ਨੇ ਆਪਣੇ ਹੀ ਮਨ ਦੀ ਇੱਛਾ ਪੂਰੀ ਕੀਤੀ । (ਚੰਚਲ ਜਵਾਨੀ ਦੇ ਮਦ-ਮੱਤੀ ਸੁੰਦਰੀ ਵਿਚ ਬੈਠ ਕੇ ਪ੍ਰਭੂ ਆਪ ਹੀ) ਮਸਤ ਹਾਥੀ ਵਾਂਗ ਬੜੀ ਮਟਕ ਨਾਲ ਪੈਰ ਧਰਦਾ ਹੈ, ਉਹ ਆਪ

ਹੀ ਆਪਣੇ ਆਪ ਨੂੰ (ਜਵਾਨੀ ਦੇ ਮਦ ਵਿਚ) ਮਸਤ ਕਰ ਰਿਹਾ ਹੈ । (ਪ੍ਰਭੂ ਦੀ ਆਪਣੀ ਹੀ ਕਿਰਪਾ ਨਾਲ ਕੋਈ ਵਡ-ਭਾਗਣ ਜੀਵ-ਇਸਤ੍ਰੀ ਉਸ) ਲੱਛਮੀ-ਪਤੀ ਦੇ ਪ੍ਰੇਮ-ਰੰਗ ਵਿਚ ਰੰਗੀ ਹੋਈ (ਉਸ ਦੇ ਨਾਮ ਵਿਚ) ਮਸਤ ਫਿਰਦੀ ਹੈ, (ਉਸ ਦਾ ਜੀਵਨ ਪਵਿਤ੍ਰ ਹੋ ਜਾਂਦਾ ਹੈ) ਜਿਵੇਂ ਗੰਗਾ ਦਾ ਪਾਣੀ (ਪਵਿਤ੍ਰ ਮੰਨਿਆ ਜਾਂਦਾ ਹੈ) ।

ਹਰੀ ਦਾ ਦਾਸ ਨਾਨਕ ਬੇਨਤੀ ਕਰਦਾ ਹੈ—ਹੇ ਪ੍ਰਭੂ! ਤੇਰੀ ਚਾਲ ਸੁਹਾਵਣੀ ਹੈ ਤੇ ਤੇਰੀ ਬੋਲੀ ਮਿੱਠੀ ਮਿੱਠੀ ਹੈ ।੮।੨।

ਵਡਹੰਸੁ ਮਹਲਾ ੩ ਛੰਤ   ੴ ਸਤਿਗੁਰ ਪ੍ਰਸਾਦਿ ॥ ਆਪਣੇ ਪਿਰ ਕੈ ਰੰਗਿ ਰਤੀ ਮੁਈਏ ਸੋਭਾਵੰਤੀ ਨਾਰੇ ॥ ਸਚੈ ਸਬਦਿ ਮਿਲਿ ਰਹੀ ਮੁਈਏ ਪਿਰੁ ਰਾਵੇ ਭਾਇ ਪਿਆਰੇ ॥ ਸਚੈ ਭਾਇ ਪਿਆਰੀ ਕੰਤਿ ਸਵਾਰੀ ਹਰਿ ਹਰਿ ਸਿਉ ਨੇਹੁ ਰਚਾਇਆ ॥ ਆਪੁ ਗਵਾਇਆ ਤਾ ਪਿਰੁ ਪਾਇਆ ਗੁਰ ਕੈ ਸਬਦਿ ਸਮਾਇਆ ॥ ਸਾ ਧਨ ਸਬਦਿ ਸੁਹਾਈ ਪ੍ਰੇਮ ਕਸਾਈ ਅੰਤਰਿ ਪ੍ਰੀਤਿ ਪਿਆਰੀ ॥ ਨਾਨਕ ਸਾ ਧਨ ਮੇਲਿ ਲਈ ਪਿਰਿ ਆਪੇ ਸਾਚੈ ਸਾਹਿ ਸਵਾਰੀ ॥੧॥ {ਪੰਨਾ 567}

ਪਦਅਰਥ:- ਪਿਰ—ਪਤੀ । ਕੈ ਰੰਗਿ—ਦੇ ਪ੍ਰੇਮ-ਰੰਗ ਵਿਚ । ਰਤੀ—ਰੰਗੀ ਹੋਈ । ਮੁਈਏ—ਹੇ ਮੁਈਏ! ਹੇ ਮਾਇਆ ਦੇ ਮੋਹ ਵਲੋਂ ਅਛੋਹ ਹੋ ਚੁਕੀਏ! ਨਾਰੇ—ਹੇ ਜੀਵ-ਇਸਤ੍ਰੀਏ! ਸਚੈ—ਸਦਾ-ਥਿਰ ਪ੍ਰਭੂ ਵਿਚ । ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ । ਰਾਵੇ—ਮਾਣਦਾ ਹੈ, ਮਿਲਿਆ ਹੋਇਆ ਹੈ । ਭਾਇ—ਪ੍ਰੇਮ ਦੇ ਕਾਰਨ । ਕੰਤਿ—ਕੰਤ ਨੇ । ਸਿਉ—ਨਾਲ । ਨੇਹੁ—ਪਿਆਰ । ਆਪੁ—ਆਪਾ-ਭਾਵ । ਸਾ ਧਨ—ਜੀਵ-ਇਸਤ੍ਰੀ । ਸੁਹਾਈ—ਸੋਹਣੇ ਜੀਵਨ ਵਾਲੀ । ਕਸਾਈ—ਖਿੱਚੀ ਹੋਈ । ਪ੍ਰੇਮ ਕਸਾਈ—ਪ੍ਰੇਮ ਦੀ ਖਿੱਚੀ ਹੋਈ । ਪਿਰਿ—ਪਿਰ ਨੇ {ਨੋਟ:- ਲਫ਼ਜ਼ 'ਪਿਰ', 'ਪਿਰੁ' ਅਤੇ 'ਪਿਰਿ' ਦੇ ਵਿਆਕਰਣਿਕ ਅਰਥ ਦਾ ਖ਼ਿਆਲ ਰੱਖੋ} । ਸਾਹਿ—ਸ਼ਾਹਿ, ਸ਼ਾਹ ਨੇ ।੧।

ਅਰਥ:- ਹੇ ਮਾਇਆ ਦੇ ਮੋਹ ਵਲੋਂ ਅਛੋਹ ਹੋ ਚੁਕੀ ਜੀਵ-ਇਸਤ੍ਰੀਏ! ਤੂੰ ਸੋਭਾ ਵਾਲੀ ਹੋ ਗਈ ਹੈਂ, ਕਿਉਂਕਿ ਤੂੰ ਆਪਣੇ ਪਤੀ-ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੀ ਗਈ ਹੈਂ । ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਤੂੰ ਸਦਾ-ਥਿਰ ਰਹਿਣ ਵਾਲੇ ਪ੍ਰਭੂ ਵਿਚ ਲੀਨ ਰਹਿੰਦੀ ਹੈਂ, ਤੈਨੂੰ ਤੇਰੇ ਇਸ ਪ੍ਰੇਮ ਪਿਆਰ ਦੇ ਕਾਰਨ ਪ੍ਰਭੂ-ਪਤੀ ਆਪਣੇ ਚਰਨਾਂ ਵਿਚ ਜੋੜੀ ਰੱਖਦਾ ਹੈ ।

ਜੇਹੜੀ ਜੀਵ-ਇਸਤ੍ਰੀ ਨੇ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਵਿਚ ਪਿਆਰ ਪਾਇਆ, ਨੇਹੁ ਪੈਦਾ ਕੀਤਾ, ਪ੍ਰਭੂ-ਪਤੀ ਨੇ ਉਸ ਦਾ ਜੀਵਨ ਸੋਹਣਾ ਬਣਾ ਦਿੱਤਾ । ਜਦੋਂ ਜੀਵ-ਇਸਤ੍ਰੀ ਨੇ (ਆਪਣੇ ਅੰਦਰੋਂ) ਆਪਾ-ਭਾਵ ਦੂਰ ਕੀਤਾ, ਤਦੋਂ ਉਸ ਨੇ (ਆਪਣੇ ਅੰਦਰ ਹੀ) ਪ੍ਰਭੂ-ਪਤੀ ਨੂੰ ਲੱਭ ਲਿਆ, ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਉਸ ਦਾ ਮਨ ਪ੍ਰਭੂ ਵਿਚ) ਲੀਨ ਹੋ ਗਿਆ ।

ਪ੍ਰਭੂ-ਪ੍ਰੇਮ ਦੀ ਖਿੱਚੀ ਹੋਈ ਸੁਚੱਜੀ ਜੀਵ-ਇਸਤ੍ਰੀ ਗੁਰੂ ਦੇ ਸ਼ਬਦ ਦੀ ਰਾਹੀਂ ਸੋਹਣੇ ਜੀਵਨ ਵਾਲੀ ਬਣ ਜਾਂਦੀ ਹੈ, ਉਸ ਦੇ ਹਿਰਦੇ ਵਿਚ ਪ੍ਰਭੂ-ਚਰਨਾਂ ਦੀ ਪ੍ਰੀਤਿ ਟਿਕੀ ਰਹਿੰਦੀ ਹੈ । ਹੇ ਨਾਨਕ! (ਆਖ—) ਇਹੋ ਜਿਹੀ ਸੁਚੱਜੀ ਜੀਵ-ਇਸਤ੍ਰੀ ਨੂੰ ਪ੍ਰਭੂ-ਪਤੀ ਨੇ ਆਪ ਹੀ ਆਪਣੇ ਨਾਲ ਮਿਲਾ ਲਿਆ ਹੈ, ਸਦਾ ਕਾਇਮ ਰਹਿਣ ਵਾਲੇ ਸ਼ਾਹ ਨੇ ਉਸ ਦਾ ਜੀਵਨ ਸੰਵਾਰ ਦਿੱਤਾ ਹੈ ।੧।

ਨਿਰਗੁਣਵੰਤੜੀਏ ਪਿਰੁ ਦੇਖਿ ਹਦੂਰੇ ਰਾਮ ॥ ਗੁਰਮੁਖਿ ਜਿਨੀ ਰਾਵਿਆ ਮੁਈਏ ਪਿਰੁ ਰਵਿ ਰਹਿਆ ਭਰਪੂਰੇ ਰਾਮ ॥ ਪਿਰੁ ਰਵਿ ਰਹਿਆ ਭਰਪੂਰੇ ਵੇਖੁ ਹਜੂਰੇ ਜੁਗਿ ਜੁਗਿ ਏਕੋ ਜਾਤਾ ॥ ਧਨ ਬਾਲੀ ਭੋਲੀ ਪਿਰੁ ਸਹਜਿ ਰਾਵੈ ਮਿਲਿਆ ਕਰਮ ਬਿਧਾਤਾ ॥ ਜਿਨਿ ਹਰਿ ਰਸੁ ਚਾਖਿਆ ਸਬਦਿ ਸੁਭਾਖਿਆ ਹਰਿ ਸਰਿ ਰਹੀ ਭਰਪੂਰੇ ॥ ਨਾਨਕ ਕਾਮਣਿ ਸਾ ਪਿਰ ਭਾਵੈ ਸਬਦੇ ਰਹੈ ਹਦੂਰੇ ॥੨॥ {ਪੰਨਾ 567-568}

ਪਦਅਰਥ:- ਨਿਰਗੁਣਵੰਤੜੀਏ—ਹੇ ਗੁਣਾਂ ਤੋਂ ਸੱਖਣੀ ਜਿੰਦੇ! ਹਦੂਰੇ—ਹਾਜ਼ਰ-ਨਾਜ਼ਰ, ਅੰਗ-ਸੰਗ। ਗੁਰਮੁਖਿ—ਗੁਰੂ ਦੀ ਸਰਨ ਪੈ ਕੇ। ਰਾਵਿਆ—ਹਿਰਦੇ ਵਿਚ ਵਸਾਇਆ। ਮੁਈਏ—ਹੇ ਆਤਮਕ ਮੌਤ ਸਹੇੜ ਰਹੀ ਜਿੰਦੇ! ਰਵਿ ਰਹਿਆ—ਵਿਆਪਕ ਹੈ। ਹਜੂਰੇ—ਅੰਗ-ਸੰਗ। ਜੁਗਿ ਜੁਗਿ—ਹਰੇਕ ਜੁਗ ਵਿਚ। ਏਕੋ—ਇਕ ਪ੍ਰਭੂ ਹੀ। ਜਾਤਾ—ਪ੍ਰਸਿੱਧ। ਧਨ—ਜੀਵ-ਇਸਤ੍ਰੀ। ਬਾਲੀ—ਬਾਲ-ਸੁਭਾਵ ਵਾਲੀ। ਭੋਲੀ—ਭੋਲੇ ਸੁਭਾਵ ਵਾਲੀ। ਸਹਜਿ—ਆਤਮਕ ਅਡੋਲਤਾ ਵਿਚ। ਕਰਮ ਵਿਧਾਤਾ—ਜੀਵਾਂ ਦੇ ਕੀਤੇ ਕਰਮਾਂ ਅਨੁਸਾਰ ਪੈਦਾ ਕਰਨ ਵਾਲਾ। ਜਿਨਿ—ਜਿਸ ਨੇ। ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ। ਸੁਭਾਖਿਆ—ਉਚਾਰਿਆ, ਸਿਫ਼ਤਿ-ਸਾਲਾਹ ਕੀਤੀ। ਹਰਿ ਸਰਿ—ਹਰੀ-ਸਰੋਵਰ ਵਿਚ। ਕਾਮਣਿ—ਜੀਵ-ਇਸਤ੍ਰੀ। ਸਾ—ਉਹ {ਇਸਤ੍ਰੀ ਲਿੰਗ}। ਪਿਰ ਭਾਵੈ—ਪਿਰ ਨੂੰ ਚੰਗੀ ਲੱਗਦੀ ਹੈ।੨।

ਅਰਥ:- ਹੇ ਗੁਣ-ਹੀਣ ਜਿੰਦੇ! ਪ੍ਰਭੂ-ਪਤੀ ਨੂੰ ਆਪਣੇ ਅੰਗ-ਸੰਗ ਵੱਸਦਾ ਵੇਖਿਆ ਕਰ। ਹੇ ਜਿੰਦੇ! ਪ੍ਰਭੂ-ਪਤੀ ਜ਼ੱਰੇ ਜ਼ੱਰੇ ਵਿਚ ਵਿਆਪਕ ਹੈ; ਉਸ ਨੂੰ ਹਰ ਥਾਂ ਹਾਜ਼ਰ-ਨਾਜ਼ਰ ਵੇਖ। ਉਹ ਪ੍ਰਭੂ ਹੀ ਹਰੇਕ ਜੁਗ ਵਿਚ (ਜੀਊਂਦਾ-ਜਾਗਦਾ) ਪ੍ਰਸਿੱਧ ਹੈ। ਜੇਹੜੀ ਜੀਵ-ਇਸਤ੍ਰੀ ਬਾਲ-ਸੁਭਾਵ ਹੋ ਕੇ ਭੋਲੇ ਸੁਭਾਵ ਵਾਲੀ ਬਣ ਕੇ ਆਤਮਕ ਅਡੋਲਤਾ ਵਿਚ ਟਿਕ ਕੇ ਉਸ ਪ੍ਰਭੂ-ਪਤੀ ਨੂੰ ਯਾਦ ਕਰਦੀ ਰਹਿੰਦੀ ਹੈ, ਉਸ ਨੂੰ ਉਹ ਸਿਰਜਣਹਾਰ ਮਿਲ ਪੈਂਦਾ ਹੈ। ਹੇ ਜਿੰਦੇ! ਜਿਸ ਜੀਵ-ਇਸਤ੍ਰੀ ਨੇ ਹਰਿ-ਨਾਮ ਦਾ ਸੁਆਦ ਚੱਖ ਲਿਆ ਹੈ, ਜਿਸ ਨੇ ਗੁਰੂ ਦੇ ਸ਼ਬਦ ਦੀ ਰਾਹੀਂ ਉਸ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਨੀ ਸ਼ੁਰੂ ਕਰ ਦਿੱਤੀ, ਉਹ ਉਸ ਸਰੋਵਰ-ਪ੍ਰਭੂ ਵਿਚ ਹਰ ਵੇਲੇ ਚੁੱਭੀ ਲਾਈ ਰੱਖਦੀ ਹੈ। ਹੇ ਨਾਨਕ! (ਆਖ—) ਉਹੀ ਜੀਵ-ਇਸਤ੍ਰੀ ਪ੍ਰਭੂ-ਪਤੀ ਨੂੰ ਪਿਆਰੀ ਲੱਗਦੀ ਹੈ ਜੇਹੜੀ ਗੁਰੂ ਦੇ ਸ਼ਬਦ ਦੀ ਰਾਹੀਂ ਹਰ ਵੇਲੇ ਉਸ ਦੇ ਚਰਨਾਂ ਵਿਚ ਜੁੜੀ ਰਹਿੰਦੀ ਹੈ।੨।

ਸੋਹਾਗਣੀ ਜਾਇ ਪੂਛਹੁ ਮੁਈਏ ਜਿਨੀ ਵਿਚਹੁ ਆਪੁ ਗਵਾਇਆ ॥ ਪਿਰ ਕਾ ਹੁਕਮੁ ਨ ਪਾਇਓ ਮੁਈਏ ਜਿਨੀ ਵਿਚਹੁ ਆਪੁ ਨ ਗਵਾਇਆ ॥ ਜਿਨੀ ਆਪੁ ਗਵਾਇਆ ਤਿਨੀ ਪਿਰੁ ਪਾਇਆ ਰੰਗ ਸਿਉ ਰਲੀਆ ਮਾਣੈ ॥ ਸਦਾ ਰੰਗਿ ਰਾਤੀ ਸਹਜੇ ਮਾਤੀ ਅਨਦਿਨੁ ਨਾਮੁ ਵਖਾਣੈ ॥ ਕਾਮਣਿ ਵਡਭਾਗੀ ਅੰਤਰਿ ਲਿਵ ਲਾਗੀ ਹਰਿ ਕਾ ਪ੍ਰੇਮੁ ਸੁਭਾਇਆ ॥ ਨਾਨਕ ਕਾਮਣਿ ਸਹਜੇ ਰਾਤੀ ਜਿਨਿ ਸਚੁ ਸੀਗਾਰੁ ਬਣਾਇਆ ॥੩॥ {ਪੰਨਾ 568}

ਪਦਅਰਥ:- ਸੋਹਾਗਣੀ—ਉਹ ਜੀਵ-ਇਸਤ੍ਰੀਆਂ ਜਿਨ੍ਹਾਂ ਨੇ ਪ੍ਰਭੂ-ਪਤੀ ਨੂੰ ਪ੍ਰਸੰਨ ਕਰ ਲਿਆ ਹੈ। ਜਾਇ—ਜਾ ਕੇ। ਮੁਈਏ—ਹੇ ਆਤਮਕ ਮੌਤ ਸਹੇੜ ਰਹੀ ਜਿੰਦੇ! ਆਪੁ—ਆਪਾ-ਭਾਵ। ਰੰਗ ਸਿਉ—ਆਨੰਦ ਨਾਲ। ਰੰਗਿ—ਪ੍ਰੇਮ-ਰੰਗ ਵਿਚ। ਰਾਤੀ—ਰੰਗੀ ਹੋਈ। ਸਹਜੇ—ਆਤਮਕ

ਅਡੋਲਤਾ ਵਿਚ । ਮਾਤੀ—ਮਸਤ । ਅਨਦਿਨੁ—ਹਰ ਰੋਜ਼, ਹਰ ਵੇਲੇ । ਸੁਭਾਇਆ—ਪਸੰਦ ਆਇਆ । ਜਿਨਿ—ਜਿਸ ਨੇ । ਸਚੁ—ਸਦਾ-ਥਿਰ ਹਰਿ-ਨਾਮ ।੩।

ਅਰਥ:- ਹੇ ਆਤਮਕ ਮੌਤ ਸਹੇੜ ਰਹੀ ਜਿੰਦੇ! ਜਾ ਕੇ (ਉਹਨਾਂ) ਸੁਹਾਗਣਾਂ ਪਾਸੋਂ (ਜੀਵਨ-ਜੁਗਤਿ) ਪੁੱਛ, ਜਿਨ੍ਹਾਂ ਨੇ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਲਿਆ ਹੈ । ਪਰ ਜਿਨ੍ਹਾਂ ਨੇ ਆਪਣੇ ਅੰਦਰੋਂ ਆਪਾ-ਭਾਵ ਦੂਰ ਨਹੀਂ ਕੀਤਾ ਉਹਨਾਂ ਨੇ ਪ੍ਰਭੂ ਦੀ ਰਜ਼ਾ (ਵਿਚ ਤੁਰਨ ਦੀ ਜਾਚ) ਨਹੀਂ ਸਿੱਖੀ । ਜਿਨ੍ਹਾਂ ਨੇ ਆਪਾ-ਭਾਵ ਦੂਰ ਕਰ ਲਿਆ, ਉਹਨਾਂ ਨੇ (ਆਪਣੇ ਅੰਦਰ ਹੀ) ਪ੍ਰਭੂ-ਪਤੀ ਨੂੰ ਲੱਭ ਲਿਆ, ਪ੍ਰਭੂ-ਪਤੀ ਪ੍ਰੇਮ ਨਾਲ ਉਹਨਾਂ ਨੂੰ ਆਪਣਾ ਮਿਲਾਪ ਬਖ਼ਸ਼ੀ ਰੱਖਦਾ ਹੈ । ਜੇਹੜੀ ਜੀਵ-ਇਸਤ੍ਰੀ ਸਦਾ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੀ ਰਹਿੰਦੀ ਹੈ, ਆਤਮਕ ਅਡੋਲਤਾ ਵਿਚ ਮਸਤ ਰਹਿੰਦੀ ਹੈ, ਉਹ ਹਰ ਵੇਲੇ ਪ੍ਰਭੂ-ਪਤੀ ਦਾ ਨਾਮ ਸਿਮਰਦੀ ਰਹਿੰਦੀ ਹੈ । ਉਹ ਜੀਵ-ਇਸਤ੍ਰੀ ਵੱਡੇ ਭਾਗਾਂ ਵਾਲੀ ਹੈ, ਉਸ ਦੇ ਹਿਰਦੇ ਵਿਚ ਪ੍ਰਭੂ-ਚਰਨਾਂ ਦੀ ਲਗਨ ਬਣੀ ਰਹਿੰਦੀ ਹੈ, ਉਸ ਨੂੰ ਪ੍ਰਭੂ ਦਾ ਪਿਆਰ ਚੰਗਾ ਲੱਗਦਾ ਹੈ । ਹੇ ਨਾਨਕ! ਜਿਸ ਜੀਵ-ਇਸਤ੍ਰੀ ਨੇ ਸਦਾ-ਥਿਰ ਪ੍ਰਭੂ ਦੇ ਨਾਮ ਨੂੰ ਆਪਣੀ ਜ਼ਿੰਦਗੀ ਦਾ ਸ਼ਿੰਗਾਰ ਬਣਾ ਲਿਆ ਹੈ ਉਹ ਸਦਾ ਆਤਮਕ ਅਡੋਲਤਾ ਵਿਚ ਲੀਨ ਰਹਿੰਦੀ ਹੈ ।੩।

ਹਉਮੈ ਮਾਰਿ ਮੁਈਏ ਤੂ ਚਲੁ ਗੁਰ ਕੈ ਭਾਏ ॥ ਹਰਿ ਵਰੁ ਰਾਵਹਿ ਸਦਾ ਮੁਈਏ ਨਿਜ ਘਰਿ ਵਾਸਾ ਪਾਏ ॥ ਨਿਜ ਘਰਿ ਵਾਸਾ ਪਾਏ ਸਬਦੁ ਵਜਾਏ ਸਦਾ ਸੁਹਾਗਣਿ ਨਾਰੀ ॥ ਪਿਰੁ ਰਲੀਆਲਾ ਜੋਬਨੁ ਬਾਲਾ ਅਨਦਿਨੁ ਕੰਤਿ ਸਵਾਰੀ ॥ ਹਰਿ ਵਰੁ ਸੋਹਾਗੋ ਮਸਤਕਿ ਭਾਗੋ ਸਚੈ ਸਬਦਿ ਸੁਹਾਏ ॥ ਨਾਨਕ ਕਾਮਣਿ ਹਰਿ ਰੰਗਿ ਰਾਤੀ ਜਾ ਚਲੈ ਸਤਿਗੁਰ ਭਾਏ ॥੪॥੧॥ {ਪੰਨਾ 568}

ਪਦਅਰਥ:- ਗੁਰ ਕੈ ਭਾਏ—ਗੁਰ ਕੈ ਭਾਇ, ਗੁਰੂ ਦੇ ਪ੍ਰੇਮ ਵਿਚ, ਗੁਰੂ ਦੇ ਅਨੁਸਾਰ । ਵਰੁ—ਖਸਮ । ਰਾਵਹਿ—ਤੂੰ ਮਿਲਾਪ ਪ੍ਰਾਪਤ ਕਰ ਲਏਂਗੀ । ਨਿਜ ਘਰਿ—ਆਪਣੇ ਅਸਲ ਘਰ ਵਿਚ, ਪ੍ਰਭੂ ਦੀ ਹਜ਼ੂਰੀ ਵਿਚ । ਪਾਏ—ਪਾਇ, ਪਾ ਕੇ । ਵਜਾਏ—ਵਜਾਂਦੀ ਹੈ, ਪ੍ਰਭਾਵ ਹਿਰਦੇ ਵਿਚ ਵਸਾਂਦੀ ਹੈ । ਰਲੀਆਲਾ—ਰਲੀਆਂ ਦਾ ਘਰ, ਆਨੰਦ ਦਾ ਸੋਮਾ । ਬਾਲਾ—ਜਵਾਨ । ਕੰਤਿ—ਕੰਤ ਨੇ । ਅਨਦਿਨੁ—ਹਰ ਰੋਜ਼ । ਮਸਤਕਿ—ਮੱਥੇ ਉਤੇ । ਕਾਮਣਿ—ਜੀਵ-ਇਸਤ੍ਰੀ । ਰੰਗਿ—ਪ੍ਰੇਮ ਵਿਚ ।੪।

ਅਰਥ:- ਹੇ ਆਤਮਕ ਮੌਤ ਸਹੇੜ ਰਹੀ ਜਿੰਦੇ! ਤੂੰ (ਆਪਣੇ ਅੰਦਰੋਂ) ਹਉਮੈ ਦੂਰ ਕਰ, ਤੇ, ਗੁਰੂ ਦੇ ਅਨੁਸਾਰ ਹੋ ਕੇ (ਜੀਵਨ-ਤੋਰ) ਤੁਰ । (ਜੇ ਤੂੰ ਗੁਰੂ ਦੇ ਅਨੁਸਾਰ ਤੁਰੇਂਗੀ, ਤਾਂ) ਪ੍ਰਭੂ ਦੀ ਹਜ਼ੂਰੀ ਵਿਚ ਨਿਵਾਸ ਹਾਸਲ ਕਰ ਕੇ ਤੂੰ ਸਦਾ ਲਈ ਪ੍ਰਭੂ-ਪਤੀ ਦਾ ਮਿਲਾਪ ਮਾਣਦੀ ਰਹੇਂਗੀ ।

ਹੇ ਜਿੰਦੇ! ਜੇਹੜੀ ਜੀਵ-ਇਸਤ੍ਰੀ ਆਪਣੇ ਹਿਰਦੇ ਵਿਚ ਗੁਰ-ਸ਼ਬਦ ਵਸਾ ਲੈਂਦੀ ਹੈ, ਉਹ ਪ੍ਰਭੂ ਦੀ ਹਜ਼ੂਰੀ ਵਿਚ ਥਾਂ ਪ੍ਰਾਪਤ ਕਰ ਲੈਂਦੀ ਹੈ, ਉਹ ਸਦਾ ਵਾਸਤੇ ਭਾਗਾਂ ਵਾਲੀ ਹੋ ਜਾਂਦੀ ਹੈ (ਉਸ ਨੂੰ ਸਮਝ ਆ ਜਾਂਦੀ ਹੈ ਕਿ) ਪ੍ਰਭੂ-ਪਤੀ ਆਨੰਦ ਦਾ ਸੋਮਾ ਹੈ, ਪ੍ਰਭੂ-ਪਤੀ ਦਾ ਜੋਬਨ ਸਦਾ ਕਾਇਮ ਰਹਿਣ ਵਾਲਾ ਹੈ, ਉਸ ਜੀਵ-ਇਸਤ੍ਰੀ ਨੂੰ ਪ੍ਰਭੂ-ਕੰਤ ਨੇ ਸਦਾ ਵਾਸਤੇ ਸੋਹਣੇ ਜੀਵਨ ਵਾਲੀ ਬਣਾ ਦਿੱਤਾ ।

ਹੇ ਨਾਨਕ! ਜਦੋਂ ਜੀਵ-ਇਸਤ੍ਰੀ ਗੁਰੂ ਦੇ ਅਨੁਸਾਰ ਤੁਰਦੀ ਹੈ, ਤਾਂ ਉਹ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੀ ਜਾਂਦੀ ਹੈ, ਉਸ ਨੂੰ ਪ੍ਰਭੂ-ਪਤੀ ਸੁਹਾਗ ਮਿਲ ਜਾਂਦਾ ਹੈ, ਉਸ ਦੇ ਮੱਥੇ ਉਤੇ ਭਾਗ ਜਾਗ ਪੈਂਦਾ ਹੈ, ਗੁਰੂ

ਦੇ ਸ਼ਬਦ ਦੀ ਰਾਹੀਂ ਉਹ ਸਦਾ-ਥਿਰ ਪ੍ਰਭੂ ਵਿਚ ਲੀਨ ਹੋ ਕੇ ਸੋਹਣੇ ਆਤਮਕ ਜੀਵਨ ਵਾਲੀ ਬਣ ਜਾਂਦੀ ਹੈ ।੪।

ਵਡਹੰਸੁ ਮਹਲਾ ੩ ॥ ਗੁਰਮੁਖਿ ਸਭੁ ਵਾਪਾਰੁ ਭਲਾ ਜੇ ਸਹਜੇ ਕੀਜੈ ਰਾਮ ॥ ਅਨਦਿਨੁ ਨਾਮੁ ਵਖਾਣੀਐ ਲਾਹਾ ਹਰਿ ਰਸੁ ਪੀਜੈ ਰਾਮ ॥ ਲਾਹਾ ਹਰਿ ਰਸੁ ਲੀਜੈ ਹਰਿ ਰਾਵੀਜੈ ਅਨਦਿਨੁ ਨਾਮੁ ਵਖਾਣੈ ॥ ਗੁਣ ਸੰਗ੍ਰਹਿ ਅਵਗਣ ਵਿਕਣਹਿ ਆਪੈ ਆਪੁ ਪਛਾਣੈ ॥ ਗੁਰਮਤਿ ਪਾਈ ਵਡੀ ਵਡਿਆਈ ਸਚੈ ਸਬਦਿ ਰਸੁ ਪੀਜੈ ॥ ਨਾਨਕ ਹਰਿ ਕੀ ਭਗਤਿ ਨਿਰਾਲੀ ਗੁਰਮੁਖਿ ਵਿਰਲੈ ਕੀਜੈ ॥੧॥ {ਪੰਨਾ 568}

ਪਦਅਰਥ:- ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਵਾਪਾਰੁ—ਨਾਮ ਦਾ ਵਣਜ । ਸਹਜੇ—ਆਤਮਕ ਅਡੋਲਤਾ ਵਿਚ । ਅਨਦਿਨੁ—ਹਰ ਰੋਜ਼, ਹਰ ਵੇਲੇ । ਵਖਾਣੀਐ—ਉਚਾਰਨਾ ਚਾਹੀਦਾ ਹੈ । ਲਾਹਾ—ਲਾਭ । ਪੀਜੈ—ਪੀਣਾ ਚਾਹੀਦਾ ਹੈ । ਰਾਵੀਜੈ—ਹਿਰਦੇ ਵਿਚ ਵਸਾਣਾ ਚਾਹੀਦਾ ਹੈ । ਵਖਾਣੈ—ਉਚਾਰਦਾ ਹੈ । ਸੰਗ੍ਰਹਿ—ਇਕੱਠੇ ਕਰ ਕੇ । ਆਪੈ ਆਪੁ—ਆਪਣੇ ਆਪ ਨੂੰ । ਵਿਕਣਹਿ—ਵਿਕ ਜਾਂਦੇ ਹਨ, ਦੂਰ ਹੋ ਜਾਂਦੇ ਹਨ । ਨਿਰਾਲੀ—ਅਨੋਖੀ ।੧।

ਅਰਥ:- ਹੇ ਭਾਈ! ਜੇ ਗੁਰੂ ਦੀ ਰਾਹੀਂ ਆਤਮਕ ਅਡੋਲਤਾ ਵਿਚ ਟਿਕ ਕੇ (ਹਰਿ-ਨਾਮ ਦਾ) ਵਪਾਰ ਕੀਤਾ ਜਾਏ, ਤਾਂ ਇਹ ਸਾਰਾ ਵਪਾਰ ਮਨੁੱਖ ਲਈ ਭਲਾ ਹੁੰਦਾ ਹੈ । ਹੇ ਭਾਈ! ਪਰਮਾਤਮਾ ਦਾ ਨਾਮ ਹਰ ਵੇਲੇ ਉਚਾਰਨਾ ਚਾਹੀਦਾ ਹੈ, ਪ੍ਰਭੂ ਦੇ ਨਾਮ ਦਾ ਰਸ ਪੀਣਾ ਚਾਹੀਦਾ ਹੈ—ਇਹੀ ਹੈ ਮਨੁੱਖਾ ਜਨਮ ਦੀ ਖੱਟੀ । ਹਰਿ-ਨਾਮ ਦਾ ਸੁਆਦ ਲੈਣਾ ਚਾਹੀਦਾ ਹੈ, ਹਰਿ-ਨਾਮ ਹਿਰਦੇ ਵਿਚ ਵਸਾਣਾ ਚਾਹੀਦਾ ਹੈ—ਇਹੀ ਮਨੁੱਖਾ ਜਨਮ ਦਾ ਲਾਭ ਹੈ । ਜੇਹੜਾ ਮਨੁੱਖ ਹਰ ਵੇਲੇ ਪ੍ਰਭੂ ਦਾ ਨਾਮ ਉਚਾਰਦਾ ਹੈ, ਉਹ (ਆਪਣੇ ਅੰਦਰ ਆਤਮਕ) ਗੁਣ ਇਕੱਠੇ ਕਰ ਕੇ ਆਪਣੇ ਆਤਮਕ ਜੀਵਨ ਨੂੰ ਪਰਖਦਾ ਰਹਿੰਦਾ ਹੈ, (ਇਸ ਤਰ੍ਹਾਂ ਉਸ ਦੇ ਸਾਰੇ) ਔਗੁਣ ਦੂਰ ਹੋ ਜਾਂਦੇ ਹਨ ।

ਹੇ ਭਾਈ! ਜਿਸ ਮਨੁੱਖ ਨੇ ਗੁਰੂ ਦੀ ਸਿੱਖਿਆ ਹਾਸਲ ਕਰ ਲਈ, ਉਸ ਨੂੰ ਬੜੀ ਇੱਜ਼ਤ ਪ੍ਰਾਪਤ ਹੋਈ । ਹੇ ਭਾਈ! ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਵਿਚ ਜੁੜ ਕੇ ਹਰਿ-ਨਾਮ-ਰਸ ਪੀਣਾ ਚਾਹੀਦਾ ਹੈ । ਹੇ ਨਾਨਕ! ਪਰਮਾਤਮਾ ਦੀ ਭਗਤੀ ਇਕ ਅਸਚਰਜ ਦਾਤਿ ਹੈ, ਪਰ ਕਿਸੇ ਵਿਰਲੇ ਮਨੁੱਖ ਨੇ ਗੁਰੂ ਦੀ ਸਰਨ ਪੈ ਕੇ ਭਗਤੀ ਕੀਤੀ ਹੈ ।੧।

ਗੁਰਮੁਖਿ ਖੇਤੀ ਹਰਿ ਅੰਤਰਿ ਬੀਜੀਐ ਹਰਿ ਲੀਜੈ ਸਰੀਰਿ ਜਮਾਏ ਰਾਮ ॥ ਆਪਣੈ ਘਰ ਅੰਦਰਿ ਰਸੁ ਭੁੰਚੁ ਤੂ ਲਾਹਾ ਲੈ ਪਰਥਾਏ ਰਾਮ ॥ ਲਾਹਾ ਪਰਥਾਏ ਹਰਿ ਮੰਨਿ ਵਸਾਏ ਧਨੁ ਖੇਤੀ ਵਾਪਾਰਾ ॥ ਹਰਿ ਨਾਮੁ ਧਿਆਏ ਮੰਨਿ ਵਸਾਏ ਬੂਝੈ ਗੁਰ ਬੀਚਾਰਾ ॥ ਮਨਮੁਖ ਖੇਤੀ ਵਣਜੁ ਕਰਿ ਥਾਕੇ ਤ੍ਰਿਸਨਾ ਭੁਖ ਨ ਜਾਏ ॥ ਨਾਨਕ ਨਾਮੁ ਬੀਜਿ ਮਨ ਅੰਦਰਿ ਸਚੈ ਸਬਦਿ ਸੁਭਾਏ ॥੨॥

ਪਦਅਰਥ:- ਗੁਰਮੁਖਿ—ਗੁਰੂ ਦੇ ਸਨਮੁਖ ਰਹਿ ਕੇ । ਅੰਤਰਿ—(ਮਨ ਦੇ) ਅੰਦਰ । ਸਰੀਰਿ—ਸਰੀਰ ਵਿਚ, ਹਿਰਦੇ ਵਿਚ । ਲੀਜੈ ਜਮਾਏ—ਜਮਾਇ ਲੀਜੈ, ਉਗਾ ਲੈਣੀ ਚਾਹੀਦੀ ਹੈ । ਘਰ—ਹਿਰਦਾ । ਭੁੰਚੁ—ਖਾਹ । ਲਾਹਾ— ਲਾਭ । ਪਰਥਾਏ—ਪਰਲੋਕ ਦਾ । ਮੰਨਿ—ਮਨਿ, ਮਨ ਵਿਚ । ਧਨੁ—ਧੰਨੁ,

ਸਲਾਹੁਣ-ਜੋਗ । ਬੂਝੈ—(ਆਤਮਕ ਜੀਵਨ ਨੂੰ) ਸਮਝ ਲੈਂਦਾ ਹੈ । ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ । ਨ ਜਾਏ—ਦੂਰ ਨਹੀਂ ਹੁੰਦੀ । ਸੁਭਾਏ—ਸੁਭਾਇ, ਪ੍ਰੇਮ ਨਾਲ । ਸਬਦਿ—ਸ਼ਬਦ ਵਿਚ (ਜੁੜ ਕੇ) ।੨।

ਅਰਥ:- ਹੇ ਭਾਈ! ਗੁਰੂ ਦੇ ਸਨਮੁਖ ਰਹਿ ਕੇ ਹਰਿ-ਨਾਮ ਦੀ ਖੇਤੀ ਆਪਣੇ ਮਨ ਵਿਚ ਬੀਜਣੀ ਚਾਹੀਦੀ ਹੈ, ਹਰਿ-ਨਾਮ ਬੀਜ ਆਪਣੇ ਹਿਰਦੇ ਵਿਚ ਉਗਾਣਾ ਚਾਹੀਦਾ ਹੈ । ਹੇ ਭਾਈ! ਤੂੰ ਆਪਣੇ ਹਿਰਦੇ ਵਿਚ ਹਰਿ-ਨਾਮ ਦਾ ਸੁਆਦ ਚੱਖਿਆ ਕਰ, ਤੇ, ਇਸ ਤਰ੍ਹਾਂ ਪਰਲੋਕ ਦਾ ਲਾਭ ਖੱਟ । ਜੇਹੜਾ ਮਨੁੱਖ ਪਰਮਾਤਮਾ ਦਾ ਨਾਮ ਆਪਣੇ ਮਨ ਵਿਚ ਵਸਾਂਦਾ ਹੈ ਉਹ ਪਰਲੋਕ ਦਾ ਲਾਭ ਖੱਟ ਲੈਂਦਾ ਹੈ, ਉਸ ਦੀ ਨਾਮ-ਖੇਤੀ ਉਸ ਦਾ ਨਾਮ-ਵਪਾਰ ਸਲਾਹੁਣ-ਜੋਗ ਹੈ । ਜੇਹੜਾ ਮਨੁੱਖ ਪਰਮਾਤਮਾ ਦਾ ਨਾਮ ਸਿਮਰਦਾ ਹੈ, ਜੇਹੜਾ ਹਰਿ-ਨਾਮ ਆਪਣੇ ਮਨ ਵਿਚ ਵਸਾਂਦਾ ਹੈ ਉਹ ਗੁਰ-ਸ਼ਬਦ ਦੀ ਵਿਚਾਰ ਦੀ ਬਰਕਤਿ ਨਾਲ (ਆਤਮਕ ਜੀਵਨ ਨੂੰ) ਸਮਝ ਲੈਂਦਾ ਹੈ ।

ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਨਿਰੀ ਸੰਸਾਰਕ ਖੇਤੀ ਨਿਰਾ ਸੰਸਾਰਕ ਵਣਜ ਕਰ ਕੇ ਥੱਕ ਜਾਂਦੇ ਹਨ, ਉਹਨਾਂ ਦੀ ਮਾਇਆ ਦੀ ਤ੍ਰੇਹ ਨਹੀਂ ਮਿਟਦੀ, ਮਾਇਆ ਦੀ ਭੁੱਖ ਨਹੀਂ ਦੂਰ ਹੁੰਦੀ । ਹੇ ਨਾਨਕ! (ਆਖ—ਹੇ ਭਾਈ!) ਤੂੰ ਪ੍ਰੇਮ ਨਾਲ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਵਿਚ ਜੁੜ ਕੇ ਆਪਣੇ ਮਨ ਵਿਚ ਪਰਮਾਤਮਾ ਦਾ ਨਾਮ-ਬੀਜ ਬੀਜਿਆ ਕਰ ।੨।

ਹਰਿ ਵਾਪਾਰਿ ਸੇ ਜਨ ਲਾਗੇ ਜਿਨਾ ਮਸਤਕਿ ਮਣੀ ਵਡਭਾਗੋ ਰਾਮ ॥ ਗੁਰਮਤੀ ਮਨੁ ਨਿਜ ਘਰਿ ਵਸਿਆ ਸਚੈ ਸਬਦਿ ਬੈਰਾਗੋ ਰਾਮ ॥ ਮੁਖਿ ਮਸਤਕਿ ਭਾਗੋ ਸਚਿ ਬੈਰਾਗੋ ਸਾਚਿ ਰਤੇ ਵੀਚਾਰੀ ॥ ਨਾਮ ਬਿਨਾ ਸਭੁ ਜਗੁ ਬਉਰਾਨਾ ਸਬਦੇ ਹਉਮੈ ਮਾਰੀ ॥ ਸਾਚੈ ਸਬਦਿ ਲਾਗਿ ਮਤਿ ਉਪਜੈ ਗੁਰਮੁਖਿ ਨਾਮੁ ਸੋਹਾਗੋ ॥ ਨਾਨਕ ਸਬਦਿ ਮਿਲੈ ਭਉ ਭੰਜਨੁ ਹਰਿ ਰਾਵੈ ਮਸਤਕਿ ਭਾਗੋ ॥੩॥ {ਪੰਨਾ 568}

ਪਦਅਰਥ:- ਵਾਪਾਰਿ—ਵਪਾਰ ਵਿਚ । ਮਸਤਕਿ—ਮੱਥੇ ਉੱਤੇ । ਨਿਜ ਘਰਿ—ਪ੍ਰਭੂ ਦੀ ਹਜ਼ੂਰੀ ਵਿਚ । ਬੈਰਾਗੋ—ਲਗਨ । ਸਚਿ—ਸਦਾ-ਥਿਰ ਪ੍ਰਭੂ ਵਿਚ । ਵੀਚਾਰੀ—ਵਿਚਾਰਵਾਨ । ਬਉਰਾਨਾ—ਝੱਲਾ, ਕਮਲਾ । ਸਬਦੇ—ਸਬਦ ਦੀ ਰਾਹੀਂ ਹੀ । ਸੁੋਹਾਗੋ—{ਅਸਲ ਲਫ਼ਜ਼ 'ਸੋਹਾਗੋ' ਹੈ, ਇਥੇ 'ਸੁਹਾਗੋ' ਪੜ੍ਹਨਾ ਹੈ । ਅੱਖਰ 'ਸ' ਦੇ ਨਾਲ ਦੋ ਲਗਾਂ— ੋ , ੁ } । ਭਉ ਭੰਜਨੁ—ਡਰ ਨਾਸ ਕਰਨ ਵਾਲਾ ।੩।

ਅਰਥ:- ਹੇ ਭਾਈ! ਹਰਿ-ਨਾਮ ਸਿਮਰਨ ਦੇ ਵਪਾਰ ਵਿਚ ਉਹ ਮਨੁੱਖ ਹੀ ਲੱਗਦੇ ਹਨ ਜਿਨ੍ਹਾਂ ਦੇ ਮੱਥੇ ਉੱਤੇ ਵੱਡੀ ਕਿਸਮਤਿ ਦੀ ਮਣੀ ਚਮਕ ਪੈਂਦੀ ਹੈ । ਗੁਰੂ ਦੀ ਮਤਿ ਦੀ ਬਰਕਤਿ ਨਾਲ ਉਹਨਾਂ ਦਾ ਮਨ ਪ੍ਰਭੂ ਦੀ ਹਜ਼ੂਰੀ ਵਿਚ ਟਿਕ ਜਾਂਦਾ ਹੈ, ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਦੀ ਰਾਹੀਂ ਉਹਨਾਂ ਨੂੰ ਹਰਿ-ਨਾਮ ਦੀ ਲਗਨ ਲੱਗ ਜਾਂਦੀ ਹੈ । ਜਿਨ੍ਹਾਂ ਮਨੁੱਖਾਂ ਦੇ ਮੂੰਹ ਉਤੇ ਮੱਥੇ ਉਤੇ ਭਾਗ ਜਾਗ ਪੈਂਦਾ ਹੈ, ਸਦਾ-ਥਿਰ ਹਰੀ ਵਿਚ ਉਹਨਾਂ ਦੀ ਲਗਨ ਲੱਗ ਜਾਂਦੀ ਹੈ, ਸਦਾ-ਥਿਰ ਪ੍ਰਭੂ (ਦੇ ਪ੍ਰੇਮ-ਰੰਗ) ਵਿਚ ਰੰਗੀਜ ਕੇ ਉਹ ਵਿਚਾਰਵਾਨ ਬਣ ਜਾਂਦੇ ਹਨ ।

ਪਰ, ਹੇ ਭਾਈ! ਪਰਮਾਤਮਾ ਦੇ ਨਾਮ ਤੋਂ ਬਿਨਾ ਸਾਰਾ ਜਗਤ (ਹਉਮੈ ਵਿਚ) ਝੱਲਾ ਹੋਇਆ ਫਿਰਦਾ ਹੈ (ਇਹ) ਹਉਮੈ ਗੁਰੂ ਦੇ ਸ਼ਬਦ ਦੀ ਰਾਹੀਂ ਹੀ ਦੂਰ ਕੀਤੀ ਜਾ ਸਕਦੀ ਹੈ ।

ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਵਿਚ ਜੁੜ ਕੇ (ਮਨੁੱਖ ਦੇ ਅੰਦਰ ਉੱਚੀ) ਮਤਿ ਪੈਦਾ ਹੁੰਦੀ ਹੈ, ਗੁਰੂ ਦੀ ਸਰਨ ਪਿਆਂ ਹਰਿ-ਨਾਮ-ਸੁਹਾਗ ਮਿਲ ਜਾਂਦਾ ਹੈ । ਹੇ ਨਾਨਕ! ਜਿਸ ਮਨੁੱਖ ਦੇ ਮੱਥੇ ਉਤੇ ਭਾਗ ਜਾਗ ਪੈਂਦਾ ਹੈ, ਉਸ ਨੂੰ ਗੁਰ-ਸ਼ਬਦ ਦੀ ਰਾਹੀਂ ਡਰ ਨਾਸ ਕਰਨ ਵਾਲਾ ਪਰਮਾਤਮਾ ਮਿਲ ਪੈਂਦਾ ਹੈ, ਉਹ ਮਨੁੱਖ ਸਦਾ ਹਰਿ-ਨਾਮ ਨੂੰ ਹਿਰਦੇ ਵਿਚ ਵਸਾਈ ਰੱਖਦਾ ਹੈ ।੩।

ਖੇਤੀ ਵਣਜੁ ਸਭੁ ਹੁਕਮੁ ਹੈ ਹੁਕਮੇ ਮੰਨਿ ਵਡਿਆਈ ਰਾਮ ॥ ਗੁਰਮਤੀ ਹੁਕਮੁ ਬੂਝੀਐ ਹੁਕਮੇ ਮੇਲਿ ਮਿਲਾਈ ਰਾਮ ॥ ਹੁਕਮਿ ਮਿਲਾਈ ਸਹਜਿ ਸਮਾਈ ਗੁਰ ਕਾ ਸਬਦੁ ਅਪਾਰਾ ॥ ਸਚੀ ਵਡਿਆਈ ਗੁਰ ਤੇ ਪਾਈ ਸਚੁ ਸਵਾਰਣਹਾਰਾ ॥ ਭਉ ਭੰਜਨੁ ਪਾਇਆ ਆਪੁ ਗਵਾਇਆ ਗੁਰਮੁਖਿ ਮੇਲਿ ਮਿਲਾਈ ॥ ਕਹੁ ਨਾਨਕ ਨਾਮੁ ਨਿਰੰਜਨੁ ਅਗਮੁ ਅਗੋਚਰੁ ਹੁਕਮੇ ਰਹਿਆ ਸਮਾਈ ॥੪॥੨॥ {ਪੰਨਾ 569}

ਪਦਅਰਥ:- ਹੁਕਮੇ—ਹੁਕਮਿ ਹੀ, ਹੁਕਮ ਵਿਚ ਹੀ (ਰਹਿ ਕੇ) । ਮੰਨਿ—ਮਨਿ, ਮਨ ਵਿਚ, (ਹੁਕਮ ਨੂੰ) ਮਨ ਵਿਚ (ਵਸਾ ਕੇ) । ਮੇਲਿ—ਮੇਲ ਵਿਚ, ਪ੍ਰਭੂ-ਚਰਨਾਂ ਵਿਚ । ਹੁਕਮਿ—ਹੁਕਮ ਵਿਚ । ਸਹਜਿ—ਆਤਮਕ ਅਡੋਲਤਾ ਵਿਚ । ਸਚੀ—ਸਦਾ-ਥਿਰ ਰਹਿਣ ਵਾਲੀ । ਤੇ—ਤੋਂ । ਸਚੁ—ਸਦਾ-ਥਿਰ ਰਹਿਣ ਵਾਲਾ । ਆਪੁ—ਆਪਾ-ਭਾਵ । ਕਹੁ—ਆਖ, ਉਚਾਰ ।੪।

ਅਰਥ:- ਹੇ ਭਾਈ! ਜਿਸ ਮਨੁੱਖ ਨੇ ਪਰਮਾਤਮਾ ਦੀ ਰਜ਼ਾ ਨੂੰ ਆਪਣੀ ਖੇਤੀ ਬਣਾਇਆ ਹੈ ਆਪਣਾ ਵਣਜ ਬਣਾਇਆ ਹੈ, ਉਹ ਪ੍ਰਭੂ-ਰਜ਼ਾ ਵਿਚ ਰਹਿ ਕੇ ਰਜ਼ਾ ਨੂੰ ਮਨ ਵਿਚ ਵਸਾ ਕੇ (ਲੋਕ ਪਰਲੋਕ ਵਿਚ) ਵਡਿਆਈ ਹਾਸਲ ਕਰਦਾ ਹੈ । ਹੇ ਭਾਈ! ਗੁਰੂ ਦੀ ਮਤਿ ਉਤੇ ਤੁਰਿਆਂ ਹੀ ਪਰਮਾਤਮਾ ਦੀ ਰਜ਼ਾ ਨੂੰ ਸਮਝਿਆ ਜਾ ਸਕਦਾ ਹੈ, ਰਜ਼ਾ ਵਿਚ ਤੁਰਿਆਂ ਹੀ ਪ੍ਰਭੂ-ਚਰਨਾਂ ਵਿਚ ਮਿਲਾਪ ਹੁੰਦਾ ਹੈ ।

ਹੇ ਭਾਈ! ਜਿਸ ਮਨੁੱਖ ਨੂੰ ਗੁਰੂ ਦਾ ਸ਼ਬਦ ਪ੍ਰਭੂ ਦੀ ਰਜ਼ਾ ਵਿਚ ਜੋੜਦਾ ਹੈ ਆਤਮਕ ਅਡੋਲਤਾ ਵਿਚ ਲੀਨ ਕਰਦਾ ਹੈ ਉਹ ਅਪਾਰ ਪ੍ਰਭੂ ਨੂੰ ਮਿਲ ਪੈਂਦਾ ਹੈ । ਉਹ ਮਨੁੱਖ ਗੁਰੂ ਦੀ ਰਾਹੀਂ ਸਦਾ ਟਿਕੀ ਰਹਿਣ ਵਾਲੀ ਇੱਜ਼ਤ ਪ੍ਰਾਪਤ ਕਰ ਲੈਂਦਾ ਹੈ, ਗੁਰੂ ਦੀ ਰਾਹੀਂ ਸਦਾ-ਥਿਰ ਪ੍ਰਭੂ ਨੂੰ ਜੀਵਨ ਸੋਹਣਾ ਬਣਾਣ ਵਾਲੇ ਪ੍ਰਭੂ ਨੂੰ ਮਿਲ ਪੈਂਦਾ ਹੈ । ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਆਪਾ-ਭਾਵ ਦੂਰ ਕਰਦਾ ਹੈ ਉਹ ਹਰੇਕ ਡਰ ਨਾਸ ਕਰਨ ਵਾਲੇ ਪ੍ਰਭੂ ਨੂੰ ਮਿਲ ਪੈਂਦਾ ਹੈ, ਉਹ ਪ੍ਰਭੂ-ਚਰਨਾਂ ਵਿਚ ਲੀਨ ਹੋ ਜਾਂਦਾ ਹੈ ।

ਹੇ ਨਾਨਕ! ਤੂੰ ਭੀ ਉਸ ਪ੍ਰਭੂ ਦਾ ਨਾਮ ਸਿਮਰ ਜੋ ਮਾਇਆ ਦੇ ਪ੍ਰਭਾਵ ਤੋਂ ਰਹਿਤ ਹੈ ਜੋ ਅਪਹੁੰਚ ਹੈ (ਇਨਸਾਨੀ ਸਿਆਣਪ ਦੀ ਪਹੁੰਚ ਤੋਂ ਪਰੇ ਹੈ) ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ, ਤੇ ਜੋ ਆਪਣੀ ਰਜ਼ਾ ਅਨੁਸਾਰ ਹਰ ਥਾਂ ਵਿਆਪਕ ਹੈ ।੪।੨।

ਵਡਹੰਸੁ ਮਹਲਾ ੩ ॥ ਮਨ ਮੇਰਿਆ ਤੂ ਸਦਾ ਸਚੁ ਸਮਾਲਿ ਜੀਉ ॥ ਆਪਣੈ ਘਰਿ ਤੂ ਸੁਖਿ ਵਸਹਿ ਪੋਹਿ ਨ ਸਕੈ ਜਮਕਾਲੁ ਜੀਉ ॥ ਕਾਲੁ ਜਾਲੁ ਜਮੁ ਜੋਹਿ ਨ ਸਾਕੈ ਸਾਚੈ ਸਬਦਿ ਲਿਵ ਲਾਏ ॥ ਸਦਾ ਸਚਿ ਰਤਾ ਮਨੁ ਨਿਰਮਲੁ ਆਵਣੁ ਜਾਣੁ ਰਹਾਏ ॥ ਦੂਜੈ ਭਾਇ ਭਰਮਿ ਵਿਗੁਤੀ ਮਨਮੁਖਿ ਮੋਹੀ ਜਮਕਾਲਿ ॥ ਕਹੈ ਨਾਨਕੁ ਸੁਣਿ ਮਨ ਮੇਰੇ ਤੂ ਸਦਾ ਸਚੁ ਸਮਾਲਿ ॥੧॥ {ਪੰਨਾ 569}

ਪਦਅਰਥ:- ਮਨ—ਹੇ ਮਨ! ਸਚੁ—ਸਦਾ-ਥਿਰ ਪ੍ਰਭੂ । ਸਮਾਲਿ—ਹਿਰਦੇ ਵਿਚ ਵਸਾਈ ਰੱਖ । ਘਰਿ—ਹਿਰਦੇ ਵਿਚ । ਸੁਖਿ—ਆਨੰਦ ਨਾਲ । ਜਮਕਾਲੁ—ਮੌਤ, ਆਤਮਕ ਮੌਤ । ਜੋਹਿ ਨ ਸਾਕੈ—ਤੱਕ ਨਹੀਂ ਸਕਦਾ । ਲਿਵ—ਲਗਨ । ਸਚਿ—ਸਦਾ-ਥਿਰ ਪ੍ਰਭੂ ਵਿਚ । ਆਵਣੁ ਜਾਣੁ—ਜਨਮ ਮਰਨ ਦਾ ਗੇੜ । ਰਹਾਏ—ਮੁੱਕ ਜਾਂਦਾ ਹੈ । ਦੂਜੈ ਭਾਇ—ਮਾਇਆ ਦੇ ਪਿਆਰ ਵਿਚ । ਵਿਗੁਤੀ—ਖ਼ੁਆਰ ਹੋ ਰਹੀ ਹੈ । ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਲੁਕਾਈ । ਜਮਕਾਲਿ—ਮੌਤ ਨੇ, ਆਤਮਕ ਮੌਤ ਨੇ । ਮੋਹੀ—ਮੋਹ ਵਿਚ ਫਸਾ ਰੱਖੀ ਹੈ ।੧।

ਅਰਥ:- ਹੇ ਮੇਰੇ ਮਨ! ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੂੰ ਤੂੰ ਸਦਾ ਆਪਣੇ ਅੰਦਰ ਵਸਾਈ ਰੱਖ, (ਇਸ ਦੀ ਬਰਕਤਿ ਨਾਲ) ਤੂੰ ਆਪਣੇ ਅੰਤਰ ਆਤਮੇ ਆਨੰਦ ਨਾਲ ਟਿਕਿਆ ਰਹੇਂਗਾ, ਆਤਮਕ ਮੌਤ ਤੇਰੇ ਉਤੇ ਆਪਣਾ ਜ਼ੋਰ ਨਹੀਂ ਪਾ ਸਕੇਗੀ ।

ਜੇਹੜਾ ਮਨੁੱਖ ਸਦਾ-ਥਿਰ ਪ੍ਰਭੂ ਵਿਚ, ਗੁਰੂ ਦੇ ਸ਼ਬਦ ਵਿਚ, ਸੁਰਤਿ ਜੋੜੀ ਰੱਖਦਾ ਹੈ, ਮੌਤ (ਆਤਮਕ ਮੌਤ) ਉਸ ਵਲ ਤੱਕ ਭੀ ਨਹੀਂ ਸਕਦੀ, ਉਸ ਦਾ ਮਨ ਸਦਾ-ਥਿਰ ਪ੍ਰਭੂ ਦੇ ਰੰਗ ਵਿਚ ਸਦਾ ਰੰਗਿਆ ਰਹਿ ਕੇ ਪਵਿਤ੍ਰ ਹੋ ਜਾਂਦਾ ਹੈ, ਉਸ ਮਨੁੱਖ ਦਾ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ ।

ਪਰ, ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਲੁਕਾਈ ਮਾਇਆ ਦੇ ਪਿਆਰ ਵਿਚ ਮਾਇਆ ਦੀ ਭਟਕਣਾ ਵਿਚ ਖ਼ੁਆਰ ਹੁੰਦੀ ਰਹਿੰਦੀ ਹੈ, ਆਤਮਕ ਮੌਤ ਨੇ ਉਸ ਨੂੰ ਆਪਣੇ ਮੋਹ ਵਿਚ ਫਸਾ ਰੱਖਿਆ ਹੁੰਦਾ ਹੈ । (ਇਸ ਵਾਸਤੇ) ਨਾਨਕ ਆਖਦਾ ਹੈ—ਹੇ ਮੇਰੇ ਮਨ! (ਮੇਰੀ ਗੱਲ) ਸੁਣ, ਤੂੰ ਸਦਾ-ਥਿਰ ਪ੍ਰਭੂ ਨੂੰ ਸਦਾ ਆਪਣੇ ਅੰਦਰ ਵਸਾਈ ਰੱਖ ।੧।

ਮਨ ਮੇਰਿਆ ਅੰਤਰਿ ਤੇਰੈ ਨਿਧਾਨੁ ਹੈ ਬਾਹਰਿ ਵਸਤੁ ਨ ਭਾਲਿ ॥ ਜੋ ਭਾਵੈ ਸੋ ਭੁੰਚਿ ਤੂ ਗੁਰਮੁਖਿ ਨਦਰਿ ਨਿਹਾਲਿ ॥ ਗੁਰਮੁਖਿ ਨਦਰਿ ਨਿਹਾਲਿ ਮਨ ਮੇਰੇ ਅੰਤਰਿ ਹਰਿ ਨਾਮੁ ਸਖਾਈ ॥ ਮਨਮੁਖ ਅੰਧੁਲੇ ਗਿਆਨ ਵਿਹੂਣੇ ਦੂਜੈ ਭਾਇ ਖੁਆਈ ॥ ਬਿਨੁ ਨਾਵੈ ਕੋ ਛੂਟੈ ਨਾਹੀ ਸਭ ਬਾਧੀ ਜਮਕਾਲਿ ॥ ਨਾਨਕ ਅੰਤਰਿ ਤੇਰੈ ਨਿਧਾਨੁ ਹੈ ਤੂ ਬਾਹਰਿ ਵਸਤੁ ਨ ਭਾਲਿ ॥੨॥ {ਪੰਨਾ 569}

ਪਦਅਰਥ:- ਅੰਤਰਿ—ਅੰਦਰ । ਨਿਧਾਨੁ—ਖ਼ਜ਼ਾਨਾ । ਭਾਲਿ—ਢੂੰਢ । ਜੋ ਭਾਵੈ—ਜੋ (ਪ੍ਰਭੂ ਨੂੰ) ਚੰਗਾ ਲੱਗਦਾ ਹੈ, ਜੋ ਪ੍ਰਭੂ ਦੀ ਰਜ਼ਾ ਹੈ । ਸੋ ਭੁੰਚਿ—ਉਸ ਨੂੰ ਖਾਹ, ਉਸ ਨੂੰ ਆਪਣੀ ਖ਼ੁਰਾਕ ਬਣਾ । ਨਿਹਾਲਿ—ਵੇਖ । ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲੇ । ਗੁਰਮੁਖਿ ਨਦਰਿ ਨਿਹਾਲਿ—ਗੁਰੂ ਦੇ ਸਨਮੁਖ ਰਹਿਣ ਵਾਲੇ ਬੰਦਿਆਂ ਦੀ ਨਿਗਾਹ ਨਾਲ ਵੇਖ । ਸਖਾਈ—ਮਿੱਤਰ । ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ । ਅੰਧੁਲੇ—ਅੰਨ੍ਹੇ । ਦੂਜੈ ਭਾਇ—ਮਾਇਆ ਦੇ ਮੋਹ ਵਿਚ । ਖੁਆਈ—ਖ਼ੁਆਰੀ । ਜਮਕਾਲਿ—ਮੌਤ ਨੇ, ਆਤਮਕ ਮੌਤ ਨੇ ।੨।

ਅਰਥ:- ਹੇ ਮੇਰੇ ਮਨ! (ਸਾਰੇ ਸੁਖਾਂ ਦਾ) ਖ਼ਜ਼ਾਨਾ (ਪਰਮਾਤਮਾ) ਤੇਰੇ ਅੰਦਰ ਵੱਸ ਰਿਹਾ ਹੈ, ਤੂੰ ਇਸ ਪਦਾਰਥ ਨੂੰ ਬਾਹਰ (ਜੰਗਲ ਆਦਿਕਾਂ ਵਿਚ) ਨਾਹ ਢੂੰਢਦਾ ਫਿਰ । ਹੇ ਮਨ! ਪਰਮਾਤਮਾ ਦੀ ਰਜ਼ਾ ਨੂੰ ਆਪਣੀ ਖ਼ੁਰਾਕ ਬਣਾ, ਤੇ, ਗੁਰੂ ਦੇ ਸਨਮੁਖ ਰਹਿਣ ਵਾਲੇ ਬੰਦਿਆਂ ਦੀ ਨਿਗਾਹ ਨਾਲ ਵੇਖ । ਹੇ ਮੇਰੇ ਮਨ! ਗੁਰਮੁਖਾਂ ਵਾਲੀ ਨਜ਼ਰ ਨਾਲ ਵੇਖ, ਤੇਰੇ ਅੰਦਰ ਹੀ ਤੈਨੂੰ ਹਰਿ ਨਾਮ-ਮਿੱਤਰ (ਲੱਭ ਪਏਗਾ) । ਆਤਮਕ ਜੀਵਨ ਦੀ ਸੂਝ ਤੋਂ ਸੱਖਣੇ, ਮਾਇਆ ਦੇ ਮੋਹ ਵਿਚ ਅੰਨ੍ਹੇ ਹੋਏ, ਆਪਣੇ ਮਨ ਦੇ ਪਿੱਛੇ ਤੁਰਨ

ਵਾਲੇ ਮਨੁੱਖਾਂ ਨੂੰ ਮਾਇਆ ਦੇ ਮੋਹ ਦੇ ਕਾਰਨ ਖ਼ੁਆਰੀ ਹੀ ਹੁੰਦੀ ਹੈ ।

ਹੇ ਨਾਨਕ! (ਆਖ—) ਆਤਮਕ ਮੌਤ ਨੇ ਸਾਰੀ ਲੁਕਾਈ ਨੂੰ (ਆਪਣੇ ਜਾਲ ਵਿਚ) ਬੰਨ੍ਹ ਰੱਖਿਆ ਹੈ, ਪਰਮਾਤਮਾ ਦੇ ਨਾਮ ਤੋਂ ਬਿਨਾ ਕੋਈ ਜੀਵ (ਇਸ ਜਾਲ ਵਿਚੋਂ) ਖ਼ਲਾਸੀ ਹਾਸਲ ਨਹੀਂ ਕਰ ਸਕਦਾ । (ਹੇ ਮਨ!) ਤੇਰੇ ਅੰਦਰ ਹੀ ਨਾਮ-ਖ਼ਜ਼ਾਨਾ ਮੌਜੂਦ ਹੈ, ਤੂੰ ਇਸ ਖ਼ਜ਼ਾਨੇ ਨੂੰ ਬਾਹਰ (ਜੰਗਲ ਆਦਿਕਾਂ ਵਿਚ) ਨਾਹ ਢੂੰਢਦਾ ਫਿਰ ।੨।

ਮਨ ਮੇਰਿਆ ਜਨਮੁ ਪਦਾਰਥੁ ਪਾਇ ਕੈ ਇਕਿ ਸਚਿ ਲਗੇ ਵਾਪਾਰਾ ॥ ਸਤਿਗੁਰੁ ਸੇਵਨਿ ਆਪਣਾ ਅੰਤਰਿ ਸਬਦੁ ਅਪਾਰਾ ॥ ਅੰਤਰਿ ਸਬਦੁ ਅਪਾਰਾ ਹਰਿ ਨਾਮੁ ਪਿਆਰਾ ਨਾਮੇ ਨਉ ਨਿਧਿ ਪਾਈ ॥ ਮਨਮੁਖ ਮਾਇਆ ਮੋਹ ਵਿਆਪੇ ਦੂਖਿ ਸੰਤਾਪੇ ਦੂਜੈ ਪਤਿ ਗਵਾਈ ॥ ਹਉਮੈ ਮਾਰਿ ਸਚਿ ਸਬਦਿ ਸਮਾਣੇ ਸਚਿ ਰਤੇ ਅਧਿਕਾਈ ॥ ਨਾਨਕ ਮਾਣਸ ਜਨਮੁ ਦੁਲੰਭੁ ਹੈ ਸਤਿਗੁਰਿ ਬੂਝ ਬੁਝਾਈ ॥੩॥ {ਪੰਨਾ 569}

ਪਦਅਰਥ:- ਪਾਇ ਕੈ—ਪ੍ਰਾਪਤ ਕਰ ਕੇ, ਪਾਇ ਕਰਿ । ਇਕਿ—{ਲਫ਼ਜ਼ 'ਇਕ' ਤੋਂ ਬਹੁ-ਵਚਨ} । ਸਚਿ— ਸਦਾ-ਥਿਰ ਪ੍ਰਭੂ ਦੇ ਨਾਮ ਵਿਚ । ਸੇਵਨਿ—ਸੇਂਵਦੇ ਹਨ । ਸਬਦੁ ਅਪਾਰਾ—ਬੇਅੰਤ ਹਰੀ ਦੀ ਸਿਫ਼ਤਿ-ਸਾਲਾਹ ਦਾ ਸ਼ਬਦ । ਨਾਮੇ—ਨਾਮਿ ਹੀ, ਨਾਮ ਵਿਚ ਹੀ । ਨਉਨਿਧਿ—ਨੌ ਖ਼ਜ਼ਾਨੇ । ਮੋਹਿ—ਮੋਹ ਵਿਚ । ਵਿਆਪੇ—ਫਸੇ ਹੋਏ । ਦੂਖਿ—ਦੁੱਖ ਵਿਚ । ਸੰਤਾਪੇ—ਵਿਆਕੁਲ । ਦੂਜੈ—ਮਾਇਆ (ਦੇ ਮੋਹ) ਵਿਚ । ਪਤਿ—ਇੱਜ਼ਤ । ਸਤਿਗੁਰਿ—ਗੁਰੂ ਨੇ । ਬੂਝ ਬੁਝਾਈ—ਸਮਝ ਬਖ਼ਸ਼ੀ ।੩।

ਅਰਥ:- ਹੇ ਮੇਰੇ ਮਨ! ਕਈ (ਵਡ-ਭਾਗੀ ਐਸੇ) ਹਨ ਜੇਹੜੇ ਇਹ ਕੀਮਤੀ ਮਨੁੱਖਾ ਜਨਮ ਹਾਸਲ ਕਰ ਕੇ ਸਦਾ-ਥਿਰ ਪਰਮਾਤਮਾ ਦੇ ਸਿਮਰਨ ਦੇ ਵਪਾਰ ਵਿਚ ਲੱਗ ਪੈਂਦੇ ਹਨ, ਉਹ ਆਪਣੇ ਗੁਰੂ ਦੀ ਦੱਸੀ ਸੇਵਾ ਕਰਦੇ ਹਨ, ਤੇ, ਬੇਅੰਤ ਪ੍ਰਭੂ ਦੀ ਸਿਫ਼ਤਿ-ਸਾਲਾਹ ਦਾ ਸ਼ਬਦ ਆਪਣੇ ਹਿਰਦੇ ਵਿਚ ਵਸਾਂਦੇ ਹਨ । ਉਹ ਮਨੁੱਖ ਬੇਅੰਤ ਹਰੀ ਦੀ ਸਿਫ਼ਤਿ-ਸਾਲਾਹ ਦੀ ਬਾਣੀ ਆਪਣੇ ਅੰਦਰ ਵਸਾਂਦੇ ਹਨ, ਪਰਮਾਤਮਾ ਦਾ ਨਾਮ ਉਹਨਾਂ ਨੂੰ ਪਿਆਰਾ ਲੱਗਦਾ ਹੈ, ਪ੍ਰਭੂ ਦੇ ਨਾਮ ਵਿਚ ਹੀ ਉਹਨਾਂ ਨੇ (ਮਾਨੋ, ਦੁਨੀਆ ਦੇ) ਨੌ ਹੀ ਖ਼ਜ਼ਾਨੇ ਲੱਭ ਲਏ ਹੁੰਦੇ ਹਨ ।

ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਮਾਇਆ ਦੇ ਮੋਹ ਵਿਚ ਫਸੇ ਰਹਿੰਦੇ ਹਨ, ਦੁੱਖ ਵਿਚ (ਗ੍ਰਸੇ ਹੋਏ) ਵਿਆਕੁਲ ਹੋਏ ਰਹਿੰਦੇ ਹਨ, ਮਾਇਆ ਦੇ ਮੋਹ ਵਿਚ ਫਸ ਕੇ ਉਹਨਾਂ ਨੇ ਆਪਣੀ ਇੱਜ਼ਤ ਗਵਾ ਲਈ ਹੁੰਦੀ ਹੈ ।

ਹੇ ਨਾਨਕ! ਜਿਨ੍ਹਾਂ ਮਨੁੱਖਾਂ ਨੂੰ ਸਤਿਗੁਰੂ ਨੇ ਇਹ ਸਮਝ ਬਖ਼ਸ਼ ਦਿੱਤੀ ਹੁੰਦੀ ਹੈ ਕਿ ਮਨੁੱਖਾ ਜਨਮ ਬੜੀ ਔਖਿਆਈ ਨਾਲ ਮਿਲਦਾ ਹੈ, ਉਹ ਮਨੁੱਖ (ਆਪਣੇ ਅੰਦਰੋਂ) ਹਉਮੈ ਦੂਰ ਕਰ ਕੇ ਸਦਾ-ਥਿਰ ਹਰੀ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਵਿਚ ਲੀਨ ਰਹਿੰਦੇ ਹਨ, ਉਹ ਮਨੁੱਖ ਸਦਾ-ਥਿਰ ਪ੍ਰਭੂ (ਦੇ ਪ੍ਰੇਮ-ਰੰਗ ਵਿਚ) ਬਹੁਤ ਰੰਗੇ ਰਹਿੰਦੇ ਹਨ ।੩।

ਮਨ ਮੇਰੇ ਸਤਿਗੁਰੁ ਸੇਵਨਿ ਆਪਣਾ ਸੇ ਜਨ ਵਡਭਾਗੀ ਰਾਮ ॥ ਜੋ ਮਨੁ ਮਾਰਹਿ ਆਪਣਾ ਸੇ ਪੁਰਖ ਬੈਰਾਗੀ ਰਾਮ ॥ ਸੇ ਜਨ ਬੈਰਾਗੀ ਸਚਿ ਲਿਵ ਲਾਗੀ ਆਪਣਾ ਆਪੁ ਪਛਾਣਿਆ

॥ ਮਤਿ ਨਿਹਚਲ ਅਤਿ ਗੂੜੀ ਗੁਰਮੁਖਿ ਸਹਜੇ ਨਾਮੁ ਵਖਾਣਿਆ ॥ ਇਕ ਕਾਮਣਿ ਹਿਤਕਾਰੀ ਮਾਇਆ ਮੋਹਿ ਪਿਆਰੀ ਮਨਮੁਖ ਸੋਇ ਰਹੇ ਅਭਾਗੇ ॥ ਨਾਨਕ ਸਹਜੇ ਸੇਵਹਿ ਗੁਰੁ ਅਪਣਾ ਸੇ ਪੂਰੇ ਵਡਭਾਗੇ ॥੪॥੩॥ {ਪੰਨਾ 569}

ਪਦਅਰਥ:- ਸੇ ਜਨ—ਉਹ ਬੰਦੇ । ਮਾਰਹਿ—ਮਾਰ ਲੈਂਦੇ ਹਨ, ਵੱਸ ਕਰ ਲੈਂਦੇ ਹਨ । ਬੈਰਾਗੀ—ਨਿਰਮੋਹ । ਸਚਿ—ਸਦਾ-ਥਿਰ ਪ੍ਰਭੂ ਵਿਚ । ਲਿਵ—ਲਗਨ । ਆਪਣਾ ਆਪੁ—ਆਪਣੇ ਆਤਮਕ ਜੀਵਨ ਨੂੰ । ਮਤਿ—ਅਕਲ । ਨਿਹਚਲ—ਅਡੋਲ । ਗੂੜੀ—(ਪ੍ਰੇਮ-ਰੰਗ ਵਿਚ) ਗੂੜ੍ਹੀ (ਰੰਗੀ ਹੋਈ) । ਗੁਰਮੁਖਿ—ਗੁਰੂ ਦੇ ਸਨਮੁਖ ਰਹਿ ਕੇ । ਸਹਜੇ—ਆਤਮਕ ਅਡੋਲਤਾ ਵਿਚ । ਇਕਿ—{ਲਫ਼ਜ਼ 'ਇਕ' ਤੋਂ ਬਹੁ-ਵਚਨ} । ਕਾਮਣਿ—ਇਸਤ੍ਰੀ । ਹਿਤਕਾਰੀ—ਹਿਤ ਕਰਨ ਵਾਲੇ । ਮੋਹਿ—ਮੋਹ ਵਿਚ । ਪਿਆਰੀ—ਪਿਆਰ ਕਰਨ ਵਾਲੇ ।੪।

ਅਰਥ:- ਹੇ ਮੇਰੇ ਮਨ! ਉਹ ਮਨੁੱਖ ਬੜੇ ਭਾਗਾਂ ਵਾਲੇ ਹੁੰਦੇ ਹਨ ਜੇਹੜੇ ਆਪਣੇ ਗੁਰੂ ਦੀ ਦੱਸੀ ਸੇਵਾ ਕਰਦੇ ਹਨ, ਜੇਹੜੇ ਆਪਣੇ ਮਨ ਨੂੰ ਵੱਸ ਵਿਚ ਰੱਖਦੇ ਹਨ, ਉਹ ਮਨੁੱਖ (ਦੁਨੀਆ ਦੀ ਕਿਰਤ-ਕਾਰ ਕਰਦੇ ਹੋਏ ਭੀ ਮਾਇਆ ਵਲੋਂ) ਨਿਰਮੋਹ ਰਹਿੰਦੇ ਹਨ, ਉਹ ਮਨੁੱਖ ਦੁਨੀਆ ਵਲੋਂ ਵਿਰਕਤ ਰਹਿੰਦੇ ਹਨ, ਸਦਾ-ਥਿਰ ਪ੍ਰਭੂ ਵਿਚ ਉਹਨਾਂ ਦੀ ਸੁਰਤਿ ਜੁੜੀ ਰਹਿੰਦੀ ਹੈ, ਆਪਣੇ ਆਤਮਕ ਜੀਵਨ ਨੂੰ ਉਹ (ਸਦਾ) ਪੜਤਾਲਦੇ ਰਹਿੰਦੇ ਹਨ, ਗੁਰੂ ਦੀ ਸਰਨ ਪੈ ਕੇ ਉਹਨਾਂ ਦੀ ਮਤਿ (ਮਾਇਆ ਵਲੋਂ) ਅਡੋਲ ਰਹਿੰਦੀ ਹੈ, ਪ੍ਰੇਮ-ਰੰਗ ਵਿਚ ਗੂੜ੍ਹੀ ਰੰਗੀ ਰਹਿੰਦੀ ਹੈ, ਆਤਮਕ ਅਡੋਲਤਾ ਵਿਚ ਟਿਕ ਕੇ ਉਹ ਪਰਮਾਤਮਾ ਦਾ ਨਾਮ ਸਿਮਰਦੇ ਰਹਿੰਦੇ ਹਨ ।

(ਪਰ, ਹੇ ਮਨ!) ਕਈ ਐਸੇ ਬਦ-ਨਸੀਬ ਹੁੰਦੇ ਹਨ ਜੋ (ਕਾਮ-ਵੱਸ ਹੋ ਕੇ) ਇਸਤ੍ਰੀ ਨਾਲ (ਹੀ) ਹਿਤ ਕਰਦੇ ਹਨ, ਜੋ ਮਾਇਆ ਦੇ ਮੋਹ ਵਿਚ ਹੀ ਮਗਨ ਰਹਿੰਦੇ ਹਨ ਜੋ ਆਪਣੇ ਮਨ ਦੇ ਪਿੱਛੇ ਤੁਰਦੇ ਹੋਏ (ਗ਼ਫ਼ਲਤ ਦੀ ਨੀਂਦ ਵਿਚ) ਸੁੱਤੇ ਰਹਿੰਦੇ ਹਨ ।

ਹੇ ਨਾਨਕ! (ਆਖ—) ਉਹ ਮਨੁੱਖ ਵੱਡੇ ਭਾਗਾਂ ਵਾਲੇ ਹੁੰਦੇ ਹਨ ਜੋ ਆਤਮਕ ਅਡੋਲਤਾ ਵਿਚ ਟਿਕ ਕੇ ਆਪਣੇ ਗੁਰੂ ਦੀ ਦੱਸੀ ਸੇਵਾ ਕਰਦੇ ਰਹਿੰਦੇ ਹਨ ।੪।੩।

ਵਡਹੰਸੁ ਮਹਲਾ ੩ ॥ ਰਤਨ ਪਦਾਰਥ ਵਣਜੀਅਹਿ ਸਤਿਗੁਰਿ ਦੀਆ ਬੁਝਾਈ ਰਾਮ ॥ ਲਾਹਾ ਲਾਭੁ ਹਰਿ ਭਗਤਿ ਹੈ ਗੁਣ ਮਹਿ ਗੁਣੀ ਸਮਾਈ ਰਾਮ ॥ ਗੁਣ ਮਹਿ ਗੁਣੀ ਸਮਾਏ ਜਿਸੁ ਆਪਿ ਬੁਝਾਏ ਲਾਹਾ ਭਗਤਿ ਸੈਸਾਰੇ ॥ ਬਿਨੁ ਭਗਤੀ ਸੁਖੁ ਨ ਹੋਈ ਦੂਜੈ ਪਤਿ ਖੋਈ ਗੁਰਮਤਿ ਨਾਮੁ ਅਧਾਰੇ ॥ ਵਖਰੁ ਨਾਮੁ ਸਦਾ ਲਾਭੁ ਹੈ ਜਿਸ ਨੋ ਏਤੁ ਵਾਪਾਰਿ ਲਾਏ ॥ ਰਤਨ ਪਦਾਰਥ ਵਣਜੀਅਹਿ ਜਾਂ ਸਤਿਗੁਰੁ ਦੇਇ ਬੁਝਾਏ ॥੧॥ {ਪੰਨਾ 569-570}

ਪਦਅਰਥ:- ਰਤਨ ਪਦਾਰਥ—ਕੀਮਤੀ ਰਤਨ । ਵਣਜੀਅਹਿ—ਵਣਜੇ ਜਾਂਦੇ ਹਨ, ਖ਼ਰੀਦੇ ਜਾਂਦੇ ਹਨ । ਸਤਿਗੁਰਿ—ਗੁਰੂ ਨੇ । ਗੁਣ ਮਹਿ—(ਪਰਮਾਤਮਾ ਦੀ) ਸਿਫ਼ਤਿ-ਸਾਲਾਹ ਵਿਚ (ਜੁੜ ਕੇ) । ਗੁਣੀ—ਗੁਣਾਂ ਦੇ ਮਾਲਕ ਪ੍ਰਭੂ ਵਿਚ । ਸਮਾਈ—ਲੀਨਤਾ । ਸਮਾਏ—ਲੀਨ ਹੋ ਜਾਂਦਾ ਹੈ । ਸੰਸਾਰੇ—ਜਗਤ ਵਿਚ (ਆ ਕੇ) । ਦੂਜੈ—ਮਾਇਆ ਵਿਚ । ਅਧਾਰੇ—ਆਸਰਾ । ਏਤੁ—ਇਸ ਵਿਚ । ਵਾਪਾਰਿ—ਵਪਾਰ ਵਿਚ । ਏਤੁ ਵਾਪਾਰਿ—ਇਸ ਵਪਾਰ ਵਿਚ ।੧।

ਅਰਥ:- ਹੇ ਭਾਈ! ਜਿਸ ਮਨੁੱਖ ਨੂੰ ਗੁਰੂ ਨੇ (ਆਤਮਕ ਜੀਵਨ ਦੀ) ਸੂਝ ਬਖ਼ਸ਼ ਦਿੱਤੀ (ਉਸ ਦੇ ਹਿਰਦੇ-ਸ਼ਹਰ ਵਿਚ ਸਦਾ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ) ਕੀਮਤੀ ਰਤਨਾਂ ਦਾ ਵਪਾਰ ਹੁੰਦਾ ਰਹਿੰਦਾ ਹੈ, ਉਸ ਨੂੰ ਪਰਮਾਤਮਾ ਦੀ ਭਗਤੀ ਦੀ ਖੱਟੀ ਪ੍ਰਾਪਤ ਹੁੰਦੀ ਰਹਿੰਦੀ ਹੈ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਵਿਚ ਜੁੜ ਕੇ ਉਸ ਦੀ ਲੀਨਤਾ ਗੁਣਾਂ ਦੇ ਮਾਲਕ-ਪ੍ਰਭੂ ਵਿਚ ਹੋ ਜਾਂਦੀ ਹੈ ।

ਹੇ ਭਾਈ! ਜਿਸ ਮਨੁੱਖ ਨੂੰ ਪਰਮਾਤਮਾ ਆਪ (ਆਤਮਕ ਜੀਵਨ ਦੀ) ਸੂਝ ਦੇਂਦਾ ਹੈ ਉਹ ਮਨੁੱਖ ਪ੍ਰਭੂ ਦੀ ਸਿਫ਼ਤਿ-ਸਾਲਾਹ ਵਿਚ ਟਿਕ ਕੇ ਗੁਣਾਂ ਦੇ ਮਾਲਕ-ਪ੍ਰਭੂ ਵਿਚ ਲੀਨ ਹੋ ਜਾਂਦਾ ਹੈ, ਉਹ ਜਗਤ ਵਿਚ (ਜਨਮ ਲੈ ਕੇ) ਪ੍ਰਭੂ ਦੀ ਭਗਤੀ ਦਾ ਲਾਭ ਖੱਟਦਾ ਹੈ । ਗੁਰੂ ਦੀ ਮਤਿ ਉਤੇ ਤੁਰ ਕੇ ਉਹ ਹਰਿ-ਨਾਮ ਨੂੰ (ਆਪਣੀ ਜ਼ਿੰਦਗੀ ਦਾ) ਆਸਰਾ ਬਣਾਈ ਰੱਖਦਾ ਹੈ (ਉਸ ਨੂੰ ਨਿਸ਼ਚਾ ਰਹਿੰਦਾ ਹੈ ਕਿ) ਭਗਤੀ ਤੋਂ ਬਿਨਾ ਆਤਮਕ ਆਨੰਦ ਨਹੀਂ ਮਿਲ ਸਕਦਾ, ਮਾਇਆ ਦੇ ਮੋਹ ਵਿਚ ਫਸਣ ਵਾਲੇ ਨੇ (ਲੋਕ ਪਰਲੋਕ ਵਿਚ ਆਪਣੀ) ਇੱਜ਼ਤ ਗਵਾ ਲਈ ।

ਹੇ ਭਾਈ! ਜਿਸ ਮਨੁੱਖ ਨੂੰ ਪਰਮਾਤਮਾ ਇਸ (ਨਾਮ-) ਵਪਾਰ ਵਿਚ ਲਾ ਦੇਂਦਾ ਹੈ ਉਹ ਸਦਾ ਨਾਮ-ਵੱਖਰ ਵਿਹਾਝਦਾ ਹੈ, ਨਾਮ ਦਾ ਹੀ ਲਾਭ ਖੱਟਦਾ ਹੈ । ਭਾਈ! ਜਦੋਂ ਗੁਰੂ (ਆਤਮਕ ਜੀਵਨ ਦੀ) ਸਮਝ ਬਖ਼ਸ਼ਦਾ ਹੈ ਤਾਂ (ਮਨੁੱਖ ਦੇ ਹਿਰਦੇ-ਸ਼ਹਰ ਵਿਚ) ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਕੀਮਤੀ ਰਤਨਾਂ ਦਾ ਵਪਾਰ ਹੋਣ ਲੱਗ ਪੈਂਦਾ ਹੈ ।੧।

ਮਾਇਆ ਮੋਹੁ ਸਭੁ ਦੁਖੁ ਹੈ ਖੋਟਾ ਇਹੁ ਵਾਪਾਰਾ ਰਾਮ ॥ ਕੂੜੁ ਬੋਲਿ ਬਿਖੁ ਖਾਵਣੀ ਬਹੁ ਵਧਹਿ ਵਿਕਾਰਾ ਰਾਮ ॥ ਬਹੁ ਵਧਹਿ ਵਿਕਾਰਾ ਸਹਸਾ ਇਹੁ ਸੰਸਾਰਾ ਬਿਨੁ ਨਾਵੈ ਪਤਿ ਖੋਈ ॥ ਪੜਿ ਪੜਿ ਪੰਡਿਤ ਵਾਦੁ ਵਖਾਣਹਿ ਬਿਨੁ ਬੂਝੇ ਸੁਖੁ ਨ ਹੋਈ ॥ ਆਵਣ ਜਾਣਾ ਕਦੇ ਨ ਚੂਕੈ ਮਾਇਆ ਮੋਹ ਪਿਆਰਾ ॥ ਮਾਇਆ ਮੋਹੁ ਸਭੁ ਦੁਖੁ ਹੈ ਖੋਟਾ ਇਹੁ ਵਾਪਾਰਾ ॥੨॥
{ਪੰਨਾ 570}

ਪਦਅਰਥ:- ਸਭੁ ਦੁਖੁ—ਨਿਰਾ ਦੁੱਖ । ਖੋਟਾ—(ਆਤਮਕ ਜੀਵਨ ਵਿਚ) ਘਾਟਾ ਪਾਣ ਵਾਲਾ । ਬੋਲਿ—ਬੋਲ ਕੇ । ਬਿਖੁ—(ਆਤਮਕ ਜੀਵਨ ਨੂੰ ਮਾਰ ਮੁਕਾਣ ਵਾਲੀ ਮਾਇਆ ਦੇ ਮੋਹ ਦੀ) ਜ਼ਹਿਰ । ਵਧਹਿ—ਵਧਦੇ ਹਨ । ਸਹਸਾ—ਸਹਿਮ । ਪਤਿ—ਇੱਜ਼ਤ । ਵਾਦੁ—ਝਗੜਾ, ਬਹਿਸ । ਵਖਾਣਹਿ—ਉਚਾਰਦੇ ਹਨ । ਨ ਚੂਕੈ—ਨਹੀਂ ਮੁੱਕਦਾ ।੨।

ਅਰਥ:- ਹੇ ਭਾਈ! ਮਾਇਆ ਦਾ ਮੋਹ ਨਿਰਾ ਦੁੱਖ ਹੀ (ਪੈਦਾ ਕਰਦਾ) ਹੈ (ਨਿਰੀ ਮਾਇਆ ਦੀ ਖ਼ਾਤਰ ਦੌੜ-ਭਜ) ਆਤਮਕ ਜੀਵਨ ਵਿਚ ਘਾਟਾ ਪਾਣ ਵਾਲਾ ਵਪਾਰ ਹੈ, (ਇਸ ਤਰ੍ਹਾਂ) ਝੂਠ ਬੋਲ ਬੋਲ ਕੇ (ਆਤਮਕ ਮੌਤ ਲਿਆਉਣ

ਵਾਲੀ ਮੋਹ ਦੀ) ਜ਼ਹਿਰ ਖਾਧੀ ਜਾਂਦੀ ਹੈ, (ਜਿਸ ਕਰਕੇ ਮਨੁੱਖ ਦੇ ਅੰਦਰ) ਅਨੇਕਾਂ ਵਿਕਾਰ ਵਧਦੇ ਜਾਂਦੇ ਹਨ । ਅਨੇਕਾਂ ਵਿਕਾਰ ਵਧਦੇ ਜਾਂਦੇ ਹਨ, ਇਹ ਜਗਤ ਭੀ (ਨਿਰਾ) ਸਹਿਮ (ਦਾ ਘਰ ਹੀ ਪ੍ਰਤੀਤ ਹੁੰਦਾ) ਹੈ, ਪਰਮਾਤਮਾ ਦੇ ਨਾਮ ਤੋਂ ਖੁੰਝ ਕੇ ਮਨੁੱਖ (ਲੋਕ ਪਰਲੋਕ ਵਿਚ) ਇੱਜ਼ਤ ਗਵਾ ਲੈਂਦਾ ਹੈ ।

ਜਿਸ ਮਨੁੱਖ ਨੂੰ ਸਦਾ ਮਾਇਆ ਦਾ ਮੋਹ ਪਿਆਰਾ ਲੱਗਦਾ ਹੈ ਉਸ ਦਾ ਜਨਮ ਮਰਨ ਦਾ ਗੇੜ ਕਦੇ ਨਹੀਂ ਮੁੱਕਦਾ । ਹੇ ਭਾਈ! ਮਾਇਆ ਦਾ ਮੋਹ ਨਿਰਾ ਦੁੱਖ ਹੀ (ਪੈਦਾ ਕਰਦਾ) ਹੈ, (ਨਿਰੀ ਮਾਇਆ ਦੀ ਖ਼ਾਤਰ ਦੌੜ-ਭਜ) ਆਤਮਕ ਜੀਵਨ ਵਿਚ ਘਾਟਾ ਪਾਣ ਵਾਲਾ ਵਪਾਰ ਹੈ ।੨।

ਖੋਟੇ ਖਰੇ ਸਭਿ ਪਰਖੀਅਨਿ ਤਿਤੁ ਸਚੇ ਕੈ ਦਰਬਾਰਾ ਰਾਮ ॥ ਖੋਟੇ ਦਰਗਹ ਸੁਟੀਅਨਿ ਊਭੇ ਕਰਨਿ ਪੁਕਾਰਾ ਰਾਮ ॥ ਊਭੇ ਕਰਨਿ ਪੁਕਾਰਾ ਮੁਗਧ ਗਵਾਰਾ ਮਨਮੁਖਿ ਜਨਮੁ ਗਵਾਇਆ ॥ ਬਿਖਿਆ ਮਾਇਆ ਜਿਨਿ ਜਗਤੁ ਭੁਲਾਇਆ ਸਾਚਾ ਨਾਮੁ ਨ ਭਾਇਆ ॥ ਮਨਮੁਖ ਸੰਤਾ ਨਾਲਿ ਵੈਰੁ ਕਰਿ ਦੁਖੁ ਖਟੇ ਸੰਸਾਰਾ ॥ ਖੋਟੇ ਖਰੇ ਪਰਖੀਅਨਿ ਤਿਤੁ ਸਚੈ ਦਰਵਾਰਾ ਰਾਮ ॥੩॥ {ਪੰਨਾ 570}

ਪਦਅਰਥ:- ਸਭਿ—ਸਾਰੇ । ਪਰਖੀਅਨਿ—ਪਰਖੇ ਜਾਂਦੇ ਹਨ । ਤਿਤੁ—ਉਸ ਵਿਚ । ਤਿਤੁ ਦਰਬਾਰਾ—ਤਿਤੁ ਦਰਬਾਰਿ, ਉਸ ਦਰਬਾਰ ਵਿਚ । ਸੁਟੀਅਨਿ—ਪਰੇ ਸੁੱਟੇ ਜਾਂਦੇ ਹਨ, ਰੱਦ ਕੀਤੇ ਜਾਂਦੇ ਹਨ । ਊਭੇ—ਖਲੋਤੇ । ਕਰਨਿ—ਕਰਦੇ ਹਨ । ਮੁਗਧ—ਮੂਰਖ । ਮਨਮੁਖਿ—ਆਪਣੇ ਮਨ ਦੇ ਪਿਛੇ ਤੁਰ ਕੇ । ਬਿਖਿਆ—ਜ਼ਹਿਰ । ਜਿਨਿ—ਜਿਸ (ਮਾਇਆ) ਨੇ । ਭੁਲਾਇਆ—ਕੁਰਾਹੇ ਪਾ ਦਿੱਤਾ । ਸਾਚਾ—ਸਦਾ ਕਾਇਮ ਰਹਿਣ ਵਾਲਾ । ਭਾਇਆ—ਪਸੰਦ ਆਇਆ । ਕਰਿ—ਕਰ ਕੇ । ਤਿਤੁ ਸਚੈ ਦਰਵਾਰਾ—ਉਸ ਸਦਾ ਕਾਇਮ ਰਹਿਣ ਵਾਲੇ ਦਰਬਾਰ ਵਿਚ ।੩।

ਅਰਥ:- ਹੇ ਭਾਈ! ਭੈੜੇ ਅਤੇ ਚੰਗੇ ਸਾਰੇ (ਜੀਵ) ਉਸ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੇ ਦਰਬਾਰ ਵਿਚ ਪਰਖੇ ਜਾਂਦੇ ਹਨ । ਭੈੜੇ ਬੰਦੇ ਤਾਂ ਦਰਗਾਹ ਵਿਚ ਰੱਦੇ ਜਾਂਦੇ ਹਨ, ਉਹ ਉਥੇ ਖਲੋ ਕੇ ਪੁਕਾਰ ਕਰਦੇ ਹਨ । ਜਿਨ੍ਹਾਂ ਮਨੁੱਖਾਂ ਨੇ ਆਪਣੇ ਮਨ ਦੇ ਪਿੱਛੇ ਤੁਰ ਕੇ ਆਪਣਾ ਮਨੁੱਖਾ ਜਨਮ ਗਵਾ ਲਿਆ, ਉਹ ਮੂਰਖ ਗਵਾਰ (ਪ੍ਰਭੂ ਦੀ ਦਰਗਾਹ ਵਿਚ ਰੱਦੇ ਜਾਣ ਤੇ) ਖਲੋਤੇ ਪੁਕਾਰ ਕਰਦੇ ਹਨ (ਹਾੜੇ-ਤਰਲੇ ਕਰਦੇ ਹਨ) । (ਆਤਮਕ ਜੀਵਨ ਨੂੰ ਮਾਰ ਮੁਕਾਣ ਵਾਲੀ) ਜਿਸ ਜ਼ਹਿਰ-ਮਾਇਆ ਨੇ ਜਗਤ ਨੂੰ ਕੁਰਾਹੇ ਪਾ ਰੱਖਿਆ ਹੈ (ਉਸ ਵਿਚ ਫਸ ਕੇ ਉਹਨਾਂ ਨੂੰ) ਸਦਾ ਕਾਇਮ ਰਹਿਣ ਵਾਲਾ ਹਰਿ-ਨਾਮ ਚੰਗਾ ਨਹੀਂ ਸੀ ਲੱਗਾ । (ਸੰਤ ਜਨ ਅਜੇਹੇ ਮਨੁੱਖਾਂ ਨੂੰ ਉਪਦੇਸ਼ ਤਾਂ ਕਰਦੇ ਹਨ, ਪਰ) ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਜਗਤ ਸੰਤ ਜਨਾਂ ਨਾਲ ਹੀ ਵੈਰ ਕਰ ਕੇ ਦੁੱਖ ਵਿਹਾਝਦਾ ਰਹਿੰਦਾ ਹੈ ।

ਹੇ ਭਾਈ! ਭੈੜੇ ਅਤੇ ਚੰਗੇ (ਸਾਰੇ ਜੀਵ) ਉਸ ਸਦਾ ਕਾਇਮ ਰਹਿਣ ਵਾਲੇ ਦਰਬਾਰ ਵਿਚ ਪਰਖੇ ਜਾਂਦੇ ਹਨ ।੩।

ਆਪਿ ਕਰੇ ਕਿਸੁ ਆਖੀਐ ਹੋਰੁ ਕਰਣਾ ਕਿਛੂ ਨ ਜਾਈ ਰਾਮ ॥ ਜਿਤੁ ਭਾਵੈ ਤਿਤੁ ਲਾਇਸੀ ਜਿਉ ਤਿਸ ਦੀ ਵਡਿਆਈ ਰਾਮ ॥ ਜਿਉ ਤਿਸ ਦੀ ਵਡਿਆਈ ਆਪਿ ਕਰਾਈ ਵਰੀਆਮੁ ਨ ਫੁਸੀ ਕੋਈ ॥ ਜਗਜੀਵਨੁ ਦਾਤਾ ਕਰਮਿ ਬਿਧਾਤਾ ਆਪੇ ਬਖਸੇ ਸੋਈ ॥ ਗੁਰ ਪਰਸਾਦੀ ਆਪੁ ਗਵਾਈਐ ਨਾਨਕ ਨਾਮਿ ਪਤਿ ਪਾਈ ॥ ਆਪਿ ਕਰੇ ਕਿਸੁ ਆਖੀਐ ਹੋਰੁ ਕਰਣਾ ਕਿਛੂ ਨ ਜਾਈ ॥੪॥੪॥ {ਪੰਨਾ 570}

ਪਦਅਰਥ:- ਹੋਰੁ—(ਉਸ ਦੀ ਰਜ਼ਾ ਦੇ ਉਲਟ ਕੋਈ) ਹੋਰ (ਕੰਮ) । ਜਿਤੁ—ਜਿਸ (ਕੰਮ) ਵਿਚ । ਤਿਤੁ—ਉਸ (ਕੰਮ) ਵਿਚ । ਤਿਸ ਦੀ—{ਲਫ਼ਜ਼ 'ਤਿਸੁ ਦਾ ੁ ਸੰਬੰਧਕ 'ਦੀ' ਦੇ ਕਾਰਨ ਉੱਡ ਗਿਆ ਹੈ} । ਵਰੀਆਮੁ—ਸੂਰਮਾ । ਫੁਸੀ—ਕਮਜ਼ੋਰ । ਕਰਮਿ—(ਜੀਵ ਦੇ ਕੀਤੇ) ਕਰਮ ਅਨੁਸਾਰ । ਬਿਧਾਤਾ—ਪੈਦਾ ਕਰਨ ਵਾਲਾ । ਪਰਸਾਦੀ—ਪਰਸਾਦਿ, ਕਿਰਪਾ ਨਾਲ । ਆਪੁ—ਆਪਾ-ਭਾਵ {ਲਫ਼ਜ਼ 'ਆਪਿ' ਅਤੇ 'ਆਪੁ' ਦਾ ਫ਼ਰਕ ਚੇਤੇ ਰੱਖੋ} । ਨਾਮਿ—ਨਾਮ ਵਿਚ (ਜੁੜ ਕੇ) । ਪਤਿ—

ਇੱਜ਼ਤ ।੪।

ਅਰਥ:- (ਹੇ ਭਾਈ! ਜੀਵਾਂ ਨੂੰ 'ਖੋਟੇ ਖਰੇ' ਪਰਮਾਤਮਾ) ਆਪ ਹੀ ਬਣਾਂਦਾ ਹੈ । (ਕਿਸੇ ਜੀਵ ਦੇ ਖੋਟੇ ਜਾਂ ਖਰੇ ਹੋਣ ਦਾ ਗਿਲਾ) ਕਿਸੇ ਪਾਸ ਨਹੀਂ ਕੀਤਾ ਜਾ ਸਕਦਾ । (ਪ੍ਰਭੂ ਦੀ ਰਜ਼ਾ ਦੇ ਉਲਟ) ਹੋਰ ਕੁਝ ਭੀ ਨਹੀਂ ਕੀਤਾ ਜਾ ਸਕਦਾ । ਜਿਸ ਕੰਮ ਵਿਚ (ਜੀਵਾਂ ਨੂੰ ਲਾਣ ਦੀ ਪ੍ਰਭੂ ਦੀ) ਮਰਜ਼ੀ ਹੁੰਦੀ ਹੈ ਉਸ ਕੰਮ ਵਿਚ ਲਾ ਦੇਂਦਾ ਹੈ, ਜਿਵੇਂ ਉਸ ਦੀ ਰਜ਼ਾ ਹੁੰਦੀ ਹੈ (ਤਿਵੇਂ ਕਰਾਂਦਾ ਹੈ) । ਜਿਵੇਂ ਉਸ ਪ੍ਰਭੂ ਦੀ ਰਜ਼ਾ ਹੁੰਦੀ ਹੈ ਤਿਵੇਂ ਹੀ (ਜੀਵਾਂ ਪਾਸੋਂ ਕੰਮ) ਕਰਾਂਦਾ ਹੈ (ਆਪਣੇ ਆਪ ਵਿਚ) ਨਾਹ ਕੋਈ ਜੀਵ ਸੂਰਮਾ ਹੈ ਨਾਹ ਕੋਈ ਕਮਜ਼ੋਰ ਹੈ । ਜਗਤ ਦਾ ਸਹਾਰਾ ਦਾਤਾਰ ਜੋ ਜੀਵਾਂ ਦੇ ਕੀਤੇ ਕਰਮ ਅਨੁਸਾਰ ਜੀਵਾਂ ਨੂੰ ਪੈਦਾ ਕਰਨ ਵਾਲਾ ਹੈ ਉਹ ਆਪ ਹੀ ਬਖ਼ਸ਼ਸ਼ ਕਰਦਾ ਹੈ (ਤੇ ਜੀਵਾਂ ਨੂੰ ਸਹੀ ਜੀਵਨ-ਰਾਹ ਦੱਸਦਾ ਹੈ) ।

ਹੇ ਨਾਨਕ! (ਆਖ—ਹੇ ਭਾਈ!) ਗੁਰੂ ਦੀ ਕਿਰਪਾ ਨਾਲ ਹੀ ਆਪਾ-ਭਾਵ ਦੂਰ ਕੀਤਾ ਜਾ ਸਕਦਾ ਹੈ (ਜਿਸ ਨੇ ਆਪਾ-ਭਾਵ ਦੂਰ ਕਰ ਲਿਆ, ਉਸ ਨੇ) ਪਰਮਾਤਮਾ ਦੇ ਨਾਮ ਵਿਚ ਜੁੜ ਕੇ (ਲੋਕ ਪਰਲੋਕ ਵਿਚ) ਇੱਜ਼ਤ ਪ੍ਰਾਪਤ ਕਰ ਲਈ ਹੈ । (ਹੇ ਭਾਈ! ਜੀਵਾਂ ਨੂੰ ਖੋਟੇ ਖਰੇ ਪਰਮਾਤਮਾ) ਆਪ ਹੀ ਬਣਾਂਦਾ ਹੈ (ਕਿਸੇ ਜੀਵ ਦੇ ਖੋਟੇ ਜਾਂ ਖਰੇ ਹੋਣ ਦਾ ਗਿਲਾ) ਕਿਸੇ ਪਾਸ ਨਹੀਂ ਕੀਤਾ ਜਾ ਸਕਦਾ । (ਪ੍ਰਭੂ ਦੀ ਰਜ਼ਾ ਦੇ ਉਲਟ) ਹੋਰ ਕੁਝ ਭੀ ਨਹੀਂ ਕੀਤਾ ਜਾ ਸਕਦਾ ।੪।੪।

ਵਡਹੰਸੁ ਮਹਲਾ ੩ ॥ ਸਚਾ ਸਉਦਾ ਹਰਿ ਨਾਮੁ ਹੈ ਸਚਾ ਵਾਪਾਰਾ ਰਾਮ ॥ ਗੁਰਮਤੀ ਹਰਿ ਨਾਮੁ ਵਣਜੀਐ ਅਤਿ ਮੋਲੁ ਅਫਾਰਾ ਰਾਮ ॥ ਅਤਿ ਮੋਲੁ ਅਫਾਰਾ ਸਚ ਵਾਪਾਰਾ ਸਚਿ ਵਾਪਾਰਿ ਲਗੇ ਵਡਭਾਗੀ ॥ ਅੰਤਰਿ ਬਾਹਰਿ ਭਗਤੀ ਰਾਤੇ ਸਚਿ ਨਾਮਿ ਲਿਵ ਲਾਗੀ ॥ ਨਦਰਿ ਕਰੇ ਸੋਈ ਸਚੁ ਪਾਏ ਗੁਰ ਕੈ ਸਬਦਿ ਵੀਚਾਰਾ ॥ ਨਾਨਕ ਨਾਮਿ ਰਤੇ ਤਿਨ ਹੀ ਸੁਖੁ ਪਾਇਆ ਸਾਚੈ ਕੇ ਵਾਪਾਰਾ ॥੧॥ {ਪੰਨਾ 570}

ਪਦਅਰਥ:- ਸਚਾ—ਸਦਾ ਨਾਲ ਨਿਭਣ ਵਾਲਾ । ਵਣਜੀਐ—ਖ਼ਰੀਦਿਆ ਜਾ ਸਕਦਾ ਹੈ । ਅਫਾਰਾ—ਬਹੁਤ । ਸਚਿ ਵਾਪਾਰਿ—ਸਦਾ-ਥਿਰ ਹਰੀ ਦੇ ਨਾਮ ਸਿਮਰਨ ਦੇ ਵਪਾਰ ਵਿਚ । ਅੰਤਰਿ—ਹਿਰਦੇ ਵਿਚ । ਬਾਹਰਿ—ਦੁਨੀਆ ਨਾਲ ਕਾਰ-ਵਿਹਾਰ ਕਰਦਿਆਂ । ਲਿਵ—ਲਗਨ । ਸਚ—ਸਦਾ-ਥਿਰ ਹਰਿ-ਨਾਮ । ਸਬਦਿ—ਸ਼ਬਦ ਵਿਚ । ਨਾਮਿ—ਨਾਮ ਵਿਚ । ਸਾਚੈ—ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦੇ ।੧।

ਅਰਥ:- ਹੇ ਭਾਈ! ਪਰਮਾਤਮਾ ਦਾ ਨਾਮ ਹੀ ਸਦਾ ਨਾਲ ਨਿਭਣ ਵਾਲਾ ਸੌਦਾ ਹੈ ਵਪਾਰ ਹੈ । ਇਹ ਹਰਿ-ਨਾਮ ਗੁਰੂ ਦੀ ਮਤਿ ਉਤੇ ਤੁਰ ਕੇ ਵਣਜਿਆ ਜਾ ਸਕਦਾ ਹੈ, ਇਸ ਦਾ ਮੁੱਲ ਬਹੁਤ ਹੀ ਜ਼ਿਆਦਾ ਹੈ (ਦੁਨੀਆ ਦਾ ਕੋਈ ਪਦਾਰਥ ਇਸ ਦੀ ਬਰਾਬਰੀ ਨਹੀਂ ਕਰ ਸਕਦਾ) । ਸਦਾ-ਥਿਰ ਪ੍ਰਭੂ ਦੇ ਨਾਮ ਦਾ ਵਪਾਰ ਬਹੁਤ ਮੁੱਲ ਪਾਂਦਾ ਹੈ, ਜੇਹੜੇ ਮਨੁੱਖ ਇਸ ਵਪਾਰ ਵਿਚ ਲੱਗਦੇ ਹਨ ਉਹ ਵੱਡੇ ਭਾਗਾਂ ਵਾਲੇ ਹੋ ਜਾਂਦੇ ਹਨ । ਉਹ ਮਨੁੱਖ ਅੰਤਰ-ਆਤਮੇ ਭਗਤੀ-ਰੰਗ ਨਾਲ ਰੰਗੇ ਰਹਿੰਦੇ ਹਨ, ਦੁਨੀਆ ਨਾਲ ਕਾਰ-ਵਿਹਾਰ ਕਰਦੇ ਭੀ ਉਹ ਭਗਤੀ-ਰੰਗ ਵਿਚ ਰੰਗੇ ਰਹਿੰਦੇ ਹਨ, ਸਦਾ-ਥਿਰ ਹਰਿ-ਨਾਮ ਵਿਚ ਉਹਨਾਂ ਦੀ ਲਗਨ ਲੱਗੀ ਰਹਿੰਦੀ ਹੈ ।

ਪਰ, ਹੇ ਭਾਈ! ਉਹੀ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਵਿਚਾਰ ਕਰ ਕੇ ਸਦਾ-ਥਿਰ ਹਰਿ-ਨਾਮ-ਸੌਦਾ

ਹਾਸਲ ਕਰਦਾ ਹੈ ਜਿਸ ਉਤੇ ਪਰਮਾਤਮਾ ਮੇਹਰ ਦੀ ਨਜ਼ਰ ਕਰਦਾ ਹੈ । ਹੇ ਨਾਨਕ! (ਆਖ—) ਜੇਹੜੇ ਮਨੁੱਖ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗੇ ਜਾਂਦੇ ਹਨ ਉਹਨਾਂ ਨੇ ਹੀ ਸਦਾ-ਥਿਰ ਪ੍ਰਭੂ ਦੇ ਨਾਮ-ਵਪਾਰ ਵਿਚ ਆਤਮਕ ਆਨੰਦ ਪ੍ਰਾਪਤ ਕੀਤਾ ਹੈ ।੧।

ਹੰਉਮੈ ਮਾਇਆ ਮੈਲੁ ਹੈ ਮਾਇਆ ਮੈਲੁ ਭਰੀਜੈ ਰਾਮ ॥ ਗੁਰਮਤੀ ਮਨੁ ਨਿਰਮਲਾ ਰਸਨਾ ਹਰਿ ਰਸੁ ਪੀਜੈ ਰਾਮ ॥ ਰਸਨਾ ਹਰਿ ਰਸੁ ਪੀਜੈ ਅੰਤਰੁ ਭੀਜੈ ਸਾਚ ਸਬਦਿ ਬੀਚਾਰੀ ॥ ਅੰਤਰਿ ਖੂਹਟਾ ਅੰਮ੍ਰਿਤਿ ਭਰਿਆ ਸਬਦੇ ਕਾਢਿ ਪੀਐ ਪਨਿਹਾਰੀ ॥ ਜਿਸੁ ਨਦਰਿ ਕਰੇ ਸੋਈ ਸਚਿ ਲਾਗੈ ਰਸਨਾ ਰਾਮੁ ਰਵੀਜੈ ॥ ਨਾਨਕ ਨਾਮਿ ਰਤੇ ਸੇ ਨਿਰਮਲ ਹੋਰ ਹਉਮੈ ਮੈਲੁ ਭਰੀਜੈ ॥੨॥ {ਪੰਨਾ 570}

ਪਦਅਰਥ:- ਭਰੀਜੈ—ਭਰ ਜਾਂਦਾ ਹੈ, ਲਿੱਬੜ ਜਾਂਦਾ ਹੈ, ਮੈਲਾ ਹੋ ਜਾਂਦਾ ਹੈ । ਰਸਨਾ—ਜੀਭ (ਨਾਲ) । ਪੀਜੈ—ਪੀਣਾ ਚਾਹੀਦਾ ਹੈ । ਅੰਤਰੁ—ਅੰਦਰਲਾ, ਹਿਰਦਾ {ਲਫ਼ਜ਼ 'ਅੰਤਰੁ' ਅਤੇ 'ਅੰਤਰਿ' ਦਾ ਫ਼ਰਕ ਚੇਤੇ ਰੱਖੋ} । ਅੰਤਰਿ—ਅੰਦਰ, ਮਨ ਵਿਚ । ਖੂਹਟਾ—ਸੋਹਣਾ ਜਿਹਾ ਖੂਹ, ਚਸ਼ਮਾ । ਅੰਮ੍ਰਿਤਿ—ਅੰਮ੍ਰਿਤ ਨਾਲ, ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਨਾਲ । ਪੀਐ—ਪੀਂਦੀ ਹੈ । ਪਨਿਹਾਰੀ—ਪਾਣੀ ਭਰਨ ਵਾਲੀ । ਸਚਿ—ਸਦਾ-ਥਿਰ ਹਰਿ-ਨਾਮ ਵਿਚ । ਰਵੀਜੈ—ਸਿਮਰਨਾ ਚਾਹੀਦਾ ਹੈ । ਹੋਰ—ਬਾਕੀ ਦੀ ਲੁਕਾਈ ।੨।

ਅਰਥ:- ਹੇ ਭਾਈ! ਹਉਮੈ ਅਤੇ ਮਾਇਆ (ਦੀ ਮਮਤਾ ਮਨੁੱਖ ਦੇ ਆਤਮਕ ਜੀਵਨ ਨੂੰ ਮੈਲਾ ਕਰਨ ਵਾਲੀ) ਮੈਲ ਹੈ, ਮਨੁੱਖ ਦਾ ਮਨ ਮਾਇਆ (ਦੀ ਮਮਤਾ) ਦੀ ਮੈਲ ਨਾਲ ਲਿਬੜਿਆ ਰਹਿੰਦਾ ਹੈ । ਗੁਰੂ ਦੀ ਮਤਿ ਉਤੇ ਤੁਰਿਆਂ ਮਨ ਪਵਿਤ੍ਰ ਹੋ ਜਾਂਦਾ ਹੈ (ਇਸ ਵਾਸਤੇ, ਹੇ ਭਾਈ! ਗੁਰੂ ਦੀ ਮਤਿ ਉਤੇ ਤੁਰ ਕੇ) ਜੀਭ ਨਾਲ ਪਰਮਾਤਮਾ ਦਾ ਨਾਮ-ਜਲ ਪੀਂਦੇ ਰਹਿਣਾ ਚਾਹੀਦਾ ਹੈ । ਜੀਭ ਨਾਲ ਹਰਿ ਨਾਮ-ਜਲ ਪੀਂਦੇ ਰਹਿਣਾ ਚਾਹੀਦਾ ਹੈ, (ਇਸ ਨਾਮ ਜਲ ਨਾਲ) ਹਿਰਦਾ ਤਰੋ-ਤਰ ਹੋ ਜਾਂਦਾ ਹੈ, ਅਤੇ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਨਾਲ ਵਿਚਾਰ-ਵਾਨ ਹੋ ਜਾਂਦਾ ਹੈ ।

ਹੇ ਭਾਈ! ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਨਾਲ ਭਰਿਆ ਹੋਇਆ ਚਸ਼ਮਾ ਮਨੁੱਖ ਦੇ ਅੰਦਰ ਹੀ ਹੈ, ਜਿਸ ਮਨੁੱਖ ਦੀ ਸੁਰਤਿ ਗੁਰੂ ਦੇ ਸ਼ਬਦ ਦੀ ਰਾਹੀਂ ਇਹ ਨਾਮ-ਜਲ ਭਰਨਾ ਜਾਣਦੀ ਹੈ ਉਹ ਮਨੁੱਖ (ਅੰਦਰਲੇ ਚਸ਼ਮੇ ਵਿਚੋਂ ਨਾਮ-ਜਲ) ਕੱਢ ਕੇ ਪੀਂਦਾ ਰਹਿੰਦਾ ਹੈ ।

(ਪਰ, ਹੇ ਭਾਈ!) ਉਹੀ ਮਨੁੱਖ ਸਦਾ-ਥਿਰ ਹਰਿ-ਨਾਮ ਵਿਚ ਲੱਗਦਾ ਹੈ ਜਿਸ ਉਤੇ ਪਰਮਾਤਮਾ ਮੇਹਰ ਦੀ ਨਿਗਾਹ ਕਰਦਾ ਹੈ । (ਹੇ ਭਾਈ!) ਜੀਭ ਨਾਲ ਪਰਮਾਤਮਾ ਦਾ ਨਾਮ ਸਿਮਰਦੇ ਰਹਿਣਾ ਚਾਹੀਦਾ ਹੈ । ਹੇ ਨਾਨਕ! ਜੇਹੜੇ ਮਨੁੱਖ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗੇ ਜਾਂਦੇ ਹਨ, ਉਹ ਪਵਿਤ੍ਰ ਹੋ ਜਾਂਦੇ ਹਨ, ਬਾਕੀ ਦੀ ਲੁਕਾਈ ਹਉਮੈ ਦੀ ਮੈਲ ਨਾਲ ਲਿਬੜੀ ਰਹਿੰਦੀ ਹੈ ।੨।

ਪੰਡਿਤ ਜੋਤਕੀ ਸਭਿ ਪੜਿ ਪੜਿ ਕੂਕਦੇ ਕਿਸੁ ਪਹਿ ਕਰਹਿ ਪੁਕਾਰਾ ਰਾਮ ॥ ਮਾਇਆ ਮੋਹੁ ਅੰਤਰਿ ਮਲੁ ਲਾਗੈ ਮਾਇਆ ਕੇ ਵਾਪਾਰਾ ਰਾਮ ॥ ਮਾਇਆ ਕੇ ਵਾਪਾਰਾ ਜਗਤਿ ਪਿਆਰਾ ਆਵਣਿ ਜਾਣਿ ਦੁਖੁ ਪਾਈ ॥ ਬਿਖੁ ਕਾ ਕੀੜਾ ਬਿਖੁ ਸਿਉ ਲਾਗਾ ਬਿਸ੍ਟਾ ਮਾਹਿ ਸਮਾਈ ॥

ਜੋ ਧੁਰਿ ਲਿਖਿਆ ਸੋਇ ਕਮਾਵੈ ਕੋਇ ਨ ਮੇਟਣਹਾਰਾ ॥ ਨਾਨਕ ਨਾਮਿ ਰਤੇ ਤਿਨ ਸਦਾ ਸੁਖੁ ਪਾਇਆ ਹੋਰਿ ਮੂਰਖ ਕੂਕਿ ਮੁਏ ਗਾਵਾਰਾ ॥੩॥ {ਪੰਨਾ 571}

ਪਦਅਰਥ:- ਜੋਤਕੀ—ਜੋਤਸ਼ੀ । ਸਭਿ—ਸਾਰੇ । ਕੂਕਦੇ—ਉੱਚੀ ਉੱਚੀ (ਹੋਰਨਾਂ ਨੂੰ ਹੀ) ਸੁਣਾਂਦੇ ਹਨ । ਪਹਿ—ਪਾਸ, ਕੋਲ । ਅੰਤਰਿ—(ਉਹਨਾਂ ਦੇ) ਅੰਦਰ । ਜਗਤਿ—ਜਗਤ ਵਿਚ । ਆਵਣਿ—ਆਉਣ ਵਿਚ । ਜਾਣਿ—ਜਾਣ ਵਿਚ । ਆਵਣਿ ਜਾਣਿ—ਜਨਮ ਮਰਨ ਦੇ ਗੇੜ ਵਿਚ । ਬਿਖੁ—ਜ਼ਹਿਰ, ਆਤਮਕ ਮੌਤ ਲਿਆਉਣ ਵਾਲਾ ਮਾਇਆ ਦੇ ਮੋਹ ਦੇ ਜ਼ਹਿਰ । ਸਿਉ—ਨਾਲ । ਸਮਾਈ—ਗ਼ਰਕ ਹੋ ਜਾਂਦਾ ਹੈ, ਆਤਮਕ ਜੀਵਨ ਮੁਕਾ ਲੈਂਦਾ ਹੈ । ਧੁਰਿ—ਧੁਰ ਦਰਗਾਹ ਤੋਂ । ਨਾਮਿ—ਨਾਮ ਵਿਚ । ਹੋਰਿ—{ਲਫ਼ਜ਼ 'ਹੋਰ' ਤੋਂ ਬਹੁ-ਵਚਨ} ਬਾਕੀ ਦੇ ਮਨੁੱਖ । ਕੂਕਿ—ਉੱਚੀ ਉੱਚੀ (ਹੋਰਨਾਂ ਨੂੰ) ਉਪਦੇਸ਼ ਕਰ ਕਰ ਕੇ । ਮੁਏ—ਆਤਮਕ ਮੌਤੇ ਮਰਦੇ ਹਨ ।੩।

ਅਰਥ:- ਪੰਡਿਤ ਅਤੇ ਜੋਤਸ਼ੀ ਇਹ ਸਾਰੇ (ਜੋਤਸ਼ ਆਦਿਕ ਦੀਆਂ ਪੁਸਤਕਾਂ) ਪੜ੍ਹ ਪੜ੍ਹ ਕੇ ਉੱਚੀ ਉੱਚੀ ਹੋਰਨਾਂ ਨੂੰ ਉਪਦੇਸ਼ ਕਰਦੇ ਹਨ, ਪਰ ਇਹ ਕਿਸ ਨੂੰ ਉੱਚੀ ਉੱਚੀ ਸੁਣਾਂਦੇ ਹਨ? ਇਹਨਾਂ ਦੇ ਆਪਣੇ ਅੰਦਰ ਤਾਂ ਮਾਇਆ ਦਾ ਮੋਹ (ਪ੍ਰਬਲ) ਹੈ, (ਇਹਨਾਂ ਦੇ ਆਪਣੇ ਮਨ ਨੂੰ ਤਾਂ ਮਾਇਆ ਦੀ) ਮੈਲ ਲੱਗੀ ਰਹਿੰਦੀ ਹੈ, (ਇਹਨਾਂ ਦੇ ਇਹ ਸਾਰੇ ਉਪਦੇਸ਼) ਮਾਇਆ ਦੇ ਹੀ ਵਪਾਰ ਹਨ । (ਅਜੇਹੇ ਮਨੁੱਖ ਨੂੰ) ਜਗਤ ਵਿਚ (ਇਹ ਧਰਮ-ਉਪਦੇਸ਼) ਮਾਇਆ ਦੇ ਵਪਾਰ (ਵਾਂਗ ਹੀ) ਪਿਆਰੇ ਹਨ, (ਹੋਰਨਾਂ ਨੂੰ ਉਪਦੇਸ਼ ਕਰਦਾ ਹੈ, ਪਰ ਆਪ) ਜਨਮ ਮਰਨ ਦੇ ਗੇੜ ਵਿਚ ਦੁੱਖ ਪਾਂਦਾ ਰਹਿੰਦਾ ਹੈ । (ਅਜੇਹਾ ਮਨੁੱਖ ਸਾਰੀ ਉਮਰ ਆਤਮਕ ਮੌਤ ਲਿਆਉਣ ਵਾਲੇ ਮੋਹ-) ਜ਼ਹਿਰ ਦਾ ਕੀੜਾ ਬਣਿਆ ਰਹਿੰਦਾ ਹੈ, ਇਸੇ ਜ਼ਹਿਰ ਨਾਲ ਚੰਬੜਿਆ ਰਹਿੰਦਾ ਹੈ, ਇਸੇ ਗੰਦ ਵਿਚ ਆਤਮਕ ਜੀਵਨ ਮੁਕਾ ਲੈਂਦਾ ਹੈ । (ਪਰਮਾਤਮਾ ਨੇ ਅਜੇਹੇ ਮਨੁੱਖ ਦੇ ਪਿਛਲੇ ਕੀਤੇ ਕਰਮਾਂ ਅਨੁਸਾਰ) ਜੋ ਕੁਝ ਧੁਰ ਤੋਂ (ਉਸ ਦੇ ਮੱਥੇ ਉਤੇ) ਲਿਖ ਦਿੱਤਾ ਹੈ (ਜਗਤ ਵਿਚ ਆ ਕੇ) ਇਹ ਉਹੀ ਕੁਝ ਕਮਾਂਦਾ ਰਹਿੰਦਾ ਹੈ । ਕੋਈ ਮਨੁੱਖ (ਉਸ ਦੇ ਮੱਥੇ ਦੇ ਉਹਨਾਂ ਲੇਖਾਂ ਨੂੰ) ਮਿਟਾ ਨਹੀਂ ਸਕਦਾ ।

ਹੇ ਨਾਨਕ! ਜੇਹੜੇ ਮਨੁੱਖ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗੇ ਰਹਿੰਦੇ ਹਨ ਉਹ ਸਦਾ ਹੀ ਆਨੰਦ ਮਾਣਦੇ ਹਨ, ਬਾਕੀ ਦੇ ਉਹ ਮੂਰਖ ਹਨ ਗੰਵਾਰ ਹਨ ਜੋ ਹੋਰਨਾਂ ਨੂੰ ਹੀ ਉਪਦੇਸ਼ ਕਰ ਕਰ ਕੇ ਆਪ ਆਤਮਕ ਮੌਤ ਸਹੇੜ ਲੈਂਦੇ ਹਨ ।੩।

ਮਾਇਆ ਮੋਹਿ ਮਨੁ ਰੰਗਿਆ ਮੋਹਿ ਸੁਧਿ ਨ ਕਾਈ ਰਾਮ ॥ ਗੁਰਮੁਖਿ ਇਹੁ ਮਨੁ ਰੰਗੀਐ ਦੂਜਾ ਰੰਗੁ ਜਾਈ ਰਾਮ ॥ ਦੂਜਾ ਰੰਗੁ ਜਾਈ ਸਾਚਿ ਸਮਾਈ ਸਚਿ ਭਰੇ ਭੰਡਾਰਾ ॥ ਗੁਰਮੁਖਿ ਹੋਵੈ ਸੋਈ ਬੂਝੈ ਸਚਿ ਸਵਾਰਣਹਾਰਾ ॥ ਆਪੇ ਮੇਲੇ ਸੋ ਹਰਿ ਮਿਲੈ ਹੋਰੁ ਕਹਣਾ ਕਿਛੂ ਨ ਜਾਏ ॥ ਨਾਨਕ ਵਿਣੁ ਨਾਵੈ ਭਰਮਿ ਭੁਲਾਇਆ ਇਕਿ ਨਾਮਿ ਰਤੇ ਰੰਗੁ ਲਾਏ ॥੪॥੫॥ {ਪੰਨਾ 571}

ਪਦਅਰਥ:- ਮੋਹਿ—ਮੋਹ ਵਿਚ । ਸੁਧਿ—(ਆਤਮਕ ਜੀਵਨ ਦੀ) ਸਮਝ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਜਾਈ—ਦੂਰ ਹੋ ਜਾਂਦਾ ਹੈ । ਸਾਚਿ—ਸਦਾ-ਥਿਰ ਹਰਿ-ਨਾਮ ਵਿਚ । ਸਚਿ—ਸਦਾ-ਥਿਰ ਹਰਿ-ਨਾਮ-ਧਨ ਨਾਲ । ਭਰਮਿ—ਭਟਕਣਾ ਵਿਚ (ਪੈ ਕੇ) । ਇਕਿ—{ਲਫ਼ਜ਼ 'ਇਕ' ਤੋਂ ਬਹੁ-ਵਚਨ} ਕਈ ਮਨੁੱਖ । ਲਾਏ—ਲਾਇ, ਲਾ ਕੇ ।੪।

ਅਰਥ:- ਹੇ ਭਾਈ! ਮਾਇਆ ਦੇ ਮੋਹ ਵਿਚ (ਇਸ ਮਨੁੱਖ ਦਾ) ਮਨ ਰੰਗਿਆ ਜਾਂਦਾ ਹੈ, ਮੋਹ ਵਿਚ (ਫਸ ਕੇ ਉਸ ਨੂੰ ਆਤਮਕ ਜੀਵਨ ਦੀ) ਕੋਈ ਸਮਝ ਨਹੀਂ ਆਉਂਦੀ । ਜੇ ਇਸ ਮਨ ਨੂੰ ਗੁਰੂ ਦੀ ਸਰਨ ਪੈ ਕੇ (ਨਾਮ-ਰੰਗ ਨਾਲ) ਰੰਗ ਲਿਆ ਜਾਏ, ਤਾਂ (ਇਸ ਤੋਂ) ਮਾਇਆ ਦੇ ਮੋਹ ਦਾ ਰੰਗ ਉਤਰ ਜਾਂਦਾ ਹੈ । (ਜਦੋਂ ਮਨੁੱਖ ਦੇ ਮਨ ਤੋਂ) ਮਾਇਆ ਦੇ ਮੋਹ ਦਾ ਰੰਗ ਲਹਿ ਜਾਂਦਾ ਹੈ, ਤਦੋਂ (ਮਨੁੱਖ) ਸਦਾ-ਥਿਰ ਹਰਿ-ਨਾਮ ਵਿਚ ਲੀਨ ਹੋ ਜਾਂਦਾ ਹੈ, ਸਦਾ-ਥਿਰ ਹਰਿ-ਨਾਮ-ਧਨ ਨਾਲ (ਉਸ ਦੇ ਆਤਮਕ) ਖ਼ਜ਼ਾਨੇ ਭਰ ਜਾਂਦੇ ਹਨ ।

ਹੇ ਭਾਈ! ਜੇਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ ਉਹੀ (ਇਸ ਭੇਤ ਨੂੰ) ਸਮਝਦਾ ਹੈ । ਉਹ ਸਦਾ-ਥਿਰ ਹਰਿ-ਨਾਮ ਨਾਲ ਆਪਣੇ ਜੀਵਨ ਨੂੰ ਸੋਹਣਾ ਬਣਾ ਲੈਂਦਾ ਹੈ ।

ਪਰ, ਹੇ ਭਾਈ! ਜਿਸ ਮਨੁੱਖ ਨੂੰ ਪਰਮਾਤਮਾ ਆਪ (ਆਪਣੇ ਨਾਲ) ਮਿਲਾਂਦਾ ਹੈ ਉਹੀ ਪਰਮਾਤਮਾ ਨੂੰ ਮਿਲ ਸਕਦਾ ਹੈ (ਪਰਮਾਤਮਾ ਦੀ ਆਪਣੀ ਮੇਹਰ ਤੋਂ ਛੁਟ) ਕੋਈ ਹੋਰ ਉਪਾਉ ਦੱਸਿਆ ਨਹੀਂ ਜਾ ਸਕਦਾ ।

ਹੇ ਨਾਨਕ! ਜਗਤ ਨਾਮ ਤੋਂ ਬਿਨਾ ਭਟਕਣਾ ਵਿੱਚ ਪੈ ਕੇ ਕੁਰਾਹੇ ਪਿਆ ਰਹਿੰਦਾ ਹੈ । ਕਈ ਐਸੇ ਭੀ ਹਨ ਜੋ (ਪ੍ਰਭੂ-ਚਰਨਾਂ ਨਾਲ) ਪ੍ਰੀਤਿ ਜੋੜ ਕੇ ਪ੍ਰਭੂ ਦੇ ਨਾਮ-ਰੰਗ ਵਿਚ ਰੰਗੇ ਰਹਿੰਦੇ ਹਨ ।੪।੫।

ਵਡਹੰਸੁ ਮਹਲਾ ੩ ॥ ਏ ਮਨ ਮੇਰਿਆ ਆਵਾ ਗਉਣੁ ਸੰਸਾਰੁ ਹੈ ਅੰਤਿ ਸਚਿ ਨਿਬੇੜਾ ਰਾਮ ॥ ਆਪੇ ਸਚਾ ਬਖਸਿ ਲਏ ਫਿਰਿ ਹੋਇ ਨ ਫੇਰਾ ਰਾਮ ॥ ਫਿਰਿ ਹੋਇ ਨ ਫੇਰਾ ਅੰਤਿ ਸਚਿ ਨਿਬੇੜਾ ਗੁਰਮੁਖਿ ਮਿਲੈ ਵਡਿਆਈ ॥ ਸਾਚੈ ਰੰਗਿ ਰਾਤੇ ਸਹਜੇ ਮਾਤੇ ਸਹਜੇ ਰਹੇ ਸਮਾਈ ॥ ਸਚਾ ਮਨਿ ਭਾਇਆ ਸਚੁ ਵਸਾਇਆ ਸਬਦਿ ਰਤੇ ਅੰਤਿ ਨਿਬੇਰਾ ॥ ਨਾਨਕ ਨਾਮਿ ਰਤੇ ਸੇ ਸਚਿ ਸਮਾਣੇ ਬਹੁਰਿ ਨ ਭਵਜਲਿ ਫੇਰਾ ॥੧॥ {ਪੰਨਾ 571}

ਪਦਅਰਥ:- ਆਵਾਗਉਣੁ—(ਜਗਤ ਵਿਚ) ਆਉਣਾ ਤੇ (ਜਗਤ ਤੋਂ) ਜਾਣਾ, ਜਨਮ ਮਰਨ । ਸੰਸਾਰਿ—ਜਗਤ (ਦਾ ਮੋਹ) । ਅੰਤਿ—ਆਖ਼ਰ ਨੂੰ । ਸਚਿ—ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ (ਜੁੜਿਆਂ) । ਨਿਬੇੜਾ—(ਆਵਾਗਉਣ ਦਾ) ਖ਼ਾਤਮਾ । ਸਚਾ—ਸਦਾ-ਥਿਰ ਰਹਿਣ ਵਾਲਾ ਪ੍ਰਭੂ । ਗੁਰਮੁਖਿ—ਗੁਰੂ ਦੀ ਸਰਨ ਪਿਆਂ । ਰੰਗਿ—ਪ੍ਰੇਮ-ਰੰਗ ਵਿਚ । ਰਾਤੇ—ਰੰਗੇ ਹੋਏ । ਸਹਜੇ—ਆਤਮਕ ਅਡੋਲਤਾ ਵਿਚ । ਮਾਤੇ—ਮਸਤ । ਮਨਿ—ਮਨ ਵਿਚ । ਸਚੁ—ਸਦਾ-ਥਿਰ-ਪ੍ਰਭੂ । ਸਬਦਿ—ਗੁਰੂ ਦੇ ਸ਼ਬਦ ਵਿਚ । ਨਾਮਿ—ਨਾਮ ਵਿਚ । ਬਹੁਰਿ—ਮੁੜ, ਫਿਰ । ਭਵਜਲਿ—ਸੰਸਾਰ-ਸਮੁੰਦਰ ਵਿਚ ।੧।

ਅਰਥ:- ਹੇ ਮੇਰੇ ਮਨ! ਜਗਤ (ਦਾ ਮੋਹ ਜੀਵ ਵਾਸਤੇ) ਜਨਮ ਮਰਨ (ਦਾ ਗੇੜ ਲਿਆਉਂਦਾ) ਹੈ, ਆਖ਼ਰ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਜੁੜਿਆਂ (ਜਨਮ ਮਰਨ ਦੇ ਗੇੜ ਦਾ) ਖ਼ਾਤਮਾ ਹੋ ਜਾਂਦਾ ਹੈ । ਜਿਸ ਮਨੁੱਖ ਨੂੰ ਸਦਾ-ਥਿਰ ਰਹਿਣ ਵਾਲਾ ਪ੍ਰਭੂ ਆਪ ਹੀ ਬਖ਼ਸ਼ਦਾ ਹੈ ਉਸ ਨੂੰ ਜਗਤ ਵਿਚ ਮੁੜ ਮੁੜ ਫੇਰਾ ਨਹੀਂ ਪਾਣਾ ਪੈਂਦਾ । ਉਸ ਨੂੰ ਮੁੜ ਮੁੜ ਜਨਮ ਮਰਨ ਦਾ ਗੇੜ ਨਹੀਂ ਮਿਲਦਾ, ਸਦਾ-ਥਿਰ ਹਰਿ-ਨਾਮ ਵਿਚ ਲੀਨ ਹੋਣ ਕਰ ਕੇ ਉਸ ਦੇ ਜਨਮ ਮਰਨ ਦਾ ਆਖ਼ਰ ਖ਼ਾਤਮਾ ਹੋ ਜਾਂਦਾ ਹੈ, ਗੁਰੂ ਦੀ ਸਰਨ ਪੈ ਕੇ ਉਸ ਨੂੰ (ਲੋਕ ਪਰਲੋਕ ਵਿਚ) ਇੱਜ਼ਤ ਮਿਲਦੀ ਹੈ । ਜੇਹੜੇ ਮਨੁੱਖ ਸਦਾ-ਥਿਰ ਹਰੀ ਦੇ ਪ੍ਰੇਮ-ਰੰਗ ਵਿਚ ਰੰਗੇ ਜਾਂਦੇ ਹਨ, ਉਹ ਆਤਮਕ ਅਡੋਲਤਾ ਵਿਚ ਮਸਤ ਰਹਿੰਦੇ ਹਨ, ਤੇ, ਆਤਮਕ

ਅਡੋਲਤਾ ਦੀ ਰਾਹੀਂ ਹੀ ਪਰਮਾਤਮਾ ਵਿਚ ਲੀਨ ਹੋ ਜਾਂਦੇ ਹਨ ।

ਹੇ ਮੇਰੇ ਮਨ! ਜਿਨ੍ਹਾਂ ਮਨੁੱਖਾਂ ਨੂੰ ਸਦਾ-ਥਿਰ ਰਹਿਣ ਵਾਲਾ ਪ੍ਰਭੂ ਮਨ ਵਿਚ ਪਿਆਰਾ ਲੱਗਣ ਲੱਗ ਪੈਂਦਾ ਹੈ, ਜੇਹੜੇ ਮਨੁੱਖ ਸਦਾ-ਥਿਰ ਪ੍ਰਭੂ ਨੂੰ ਆਪਣੇ ਮਨ ਵਿਚ ਵਸਾ ਲੈਂਦੇ ਹਨ, ਜੇਹੜੇ ਮਨੁੱਖ ਗੁਰੂ ਦੇ ਸ਼ਬਦ ਵਿਚ ਰੰਗੇ ਜਾਂਦੇ ਹਨ, ਉਹਨਾਂ ਦੇ ਜਨਮ ਮਰਨ ਦਾ ਆਖ਼ਰ ਖ਼ਾਤਮਾ ਹੋ ਜਾਂਦਾ ਹੈ । ਹੇ ਨਾਨਕ! ਪ੍ਰਭੂ ਦੇ ਨਾਮ-ਰੰਗ ਵਿਚ ਰੰਗੇ ਹੋਏ ਮਨੁੱਖ ਸਦਾ-ਥਿਰ ਪ੍ਰਭੂ ਵਿਚ ਲੀਨ ਹੋ ਜਾਂਦੇ ਹਨ, ਉਹਨਾਂ ਨੂੰ ਸੰਸਾਰ-ਸਮੁੰਦਰ ਵਿਚ ਮੁੜ ਮੁੜ ਫੇਰਾ ਨਹੀਂ ਪਾਣਾ ਪੈਂਦਾ ।੧।

ਮਾਇਆ ਮੋਹੁ ਸਭੁ ਬਰਲੁ ਹੈ ਦੂਜੈ ਭਾਇ ਖੁਆਈ ਰਾਮ ॥ ਮਾਤਾ ਪਿਤਾ ਸਭੁ ਹੇਤੁ ਹੈ ਹੇਤੇ ਪਲਚਾਈ ਰਾਮ ॥ ਹੇਤੇ ਪਲਚਾਈ ਪੁਰਬਿ ਕਮਾਈ ਮੇਟਿ ਨ ਸਕੈ ਕੋਈ ॥ ਜਿਨਿ ਸ੍ਰਿਸਟਿ ਸਾਜੀ ਸੋ ਕਰਿ ਵੇਖੈ ਤਿਸੁ ਜੇਵਡੁ ਅਵਰੁ ਨ ਕੋਈ ॥ ਮਨਮੁਖਿ ਅੰਧਾ ਤਪਿ ਤਪਿ ਖਪੈ ਬਿਨੁ ਸਬਦੈ ਸਾਂਤਿ ਨ ਆਈ ॥ ਨਾਨਕ ਬਿਨੁ ਨਾਵੈ ਸਭੁ ਕੋਈ ਭੁਲਾ ਮਾਇਆ ਮੋਹਿ ਖੁਆਈ ॥੨॥ {ਪੰਨਾ 571}

ਪਦਅਰਥ:- ਸਭੁ—ਸਾਰਾ, ਨਿਰਾ । ਬਰਲੁ—ਪਾਗਲ-ਪਨ, ਝੱਲ । ਦੂਜੈ ਭਾਇ—ਮਾਇਆ ਦੇ ਮੋਹ ਵਿਚ । ਖੁਆਈ—ਕੁਰਾਹੇ ਪਈ ਹੋਈ ਹੈ । ਹੇਤੁ—ਮੋਹ । ਹੇਤੇ—ਮੋਹ ਵਿਚ ਹੀ । ਪਲਚਾਈ—ਉਲਝੀ ਹੋਈ, ਫਸੀ ਹੋਈ । ਪੁਰਬਿ—ਪਹਿਲੇ ਜਨਮ ਵਿਚ । ਜਿਨਿ—ਜਿਸ (ਕਰਤਾਰ) ਨੇ । ਕਰਿ—ਕਰ ਕੇ, ਮਾਇਆ ਦਾ ਮੋਹ ਰਚ ਕੇ । ਮਨਮੁਖਿ—ਆਪਣੇ ਮਨ ਦੇ ਪਿਛੇ ਤੁਰਨ ਵਾਲਾ । ਤਪਿ ਤਪਿ—ਸੜ ਸੜ ਕੇ । ਖਪੈ—ਦੁਖੀ ਹੁੰਦਾ ਹੈ । ਮੋਹਿ—ਮੋਹ ਵਿਚ ।੨।

ਅਰਥ:- ਮਾਇਆ ਦਾ ਮੋਹ ਨਿਰਾ-ਪੁਰਾ ਪਾਗਲ-ਪਨ ਹੈ (ਜੋ ਦੁਨੀਆ ਨੂੰ ਚੰਬੜਿਆ ਹੋਇਆ ਹੈ, ਦੁਨੀਆ ਇਸ) ਮਾਇਆ ਦੇ ਮੋਹ ਵਿਚ ਸਹੀ ਜੀਵਨ-ਰਾਹ ਤੋਂ ਖੁੰਝੀ ਜਾ ਰਹੀ ਹੈ । (ਇਹ ਮੇਰੀ) ਮਾਂ (ਹੈ, ਇਹ ਮੇਰਾ) ਪਿਉ (ਹੈ ਇਹ ਮੇਰੀ ਇਸਤ੍ਰੀ ਹੈ, ਇਹ ਮੇਰਾ ਪੁੱਤਰ ਹੈ—ਇਹ ਭੀ) ਨਿਰਾ ਮੋਹ ਹੈ, ਇਸ ਮੋਹ ਵਿਚ ਹੀ ਦੁਨੀਆ ਉਲਝੀ ਪਈ ਹੈ । ਪੂਰਬਲੇ ਜਨਮ ਵਿਚ ਕੀਤੇ ਕਰਮਾਂ ਅਨੁਸਾਰ (ਲੁਕਾਈ ਸੰਬੰਧੀਆਂ ਦੇ) ਮੋਹ ਵਿਚ ਫਸੀ ਰਹਿੰਦੀ ਹੈ, (ਆਪਣੀ ਕਿਸੇ ਸਿਆਣਪ-ਚਤੁਰਾਈ ਨਾਲ ਪੂਰਬਲੇ ਕਰਮਾਂ ਦੇ ਸੰਸਕਾਰਾਂ ਨੂੰ) ਕੋਈ ਮਨੁੱਖ ਮਿਟਾ ਨਹੀਂ ਸਕਦਾ । ਜਿਸ ਕਰਤਾਰ ਨੇ ਇਹ ਸ੍ਰਿਸ਼ਟੀ ਪੈਦਾ ਕੀਤੀ ਹੈ, ਉਹ ਇਹ ਮਾਇਆ ਦਾ ਮੋਹ ਰਚ ਕੇ (ਤਮਾਸ਼ਾ) ਵੇਖ ਰਿਹਾ ਹੈ (ਕੋਈ ਉਸ ਦੇ ਰਾਹ ਵਿਚ ਰੋਕ ਨਹੀਂ ਪਾ ਸਕਦਾ, ਕਿਉਂਕਿ) ਉਸ ਦੇ ਬਰਾਬਰ ਦਾ ਹੋਰ ਕੋਈ ਨਹੀਂ । ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਮਾਇਆ ਦੇ ਮੋਹ ਵਿਚ ਅੰਨ੍ਹਾ ਹੋ ਕੇ (ਮੋਹ ਵਿਚ) ਸੜ ਸੜ ਕੇ ਦੁੱਖੀ ਹੁੰਦਾ ਹੈ, ਗੁਰੂ ਦੇ ਸ਼ਬਦ ਤੋਂ ਬਿਨਾ ਉਸ ਨੂੰ ਸ਼ਾਂਤੀ ਨਹੀਂ ਮਿਲ ਸਕਦੀ । ਹੇ ਨਾਨਕ! ਪਰਮਾਤਮਾ ਦੇ ਨਾਮ ਤੋਂ ਬਿਨਾ ਹਰੇਕ ਜੀਵ ਕੁਰਾਹੇ ਪਿਆ ਹੋਇਆ ਹੈ, ਮਾਇਆ ਦੇ ਮੋਹ ਦੇ ਕਾਰਨ ਸਹੀ ਜੀਵਨ-ਰਾਹ ਤੋਂ ਖੁੰਝਾ ਹੋਇਆ ਹੈ ।੨।

ਏਹੁ ਜਗੁ ਜਲਤਾ ਦੇਖਿ ਕੈ ਭਜਿ ਪਏ ਹਰਿ ਸਰਣਾਈ ਰਾਮ ॥ ਅਰਦਾਸਿ ਕਰੀ ਗੁਰ ਪੂਰੇ ਆਗੈ ਰਖਿ ਲੇਵਹੁ ਦੇਹੁ ਵਡਾਈ ਰਾਮ ॥ ਰਖਿ ਲੇਵਹੁ ਸਰਣਾਈ ਹਰਿ ਨਾਮੁ ਵਡਾਈ ਤੁਧੁ ਜੇਵਡੁ ਅਵਰੁ ਨ ਦਾਤਾ ॥ ਸੇਵਾ ਲਾਗੇ ਸੇ ਵਡਭਾਗੇ ਜੁਗਿ ਜੁਗਿ ਏਕੋ ਜਾਤਾ ॥ ਜਤੁ ਸਤੁ

ਸੰਜਮੁ ਕਰਮ ਕਮਾਵੈ ਬਿਨੁ ਗੁਰ ਗਤਿ ਨਹੀ ਪਾਈ ॥ ਨਾਨਕ ਤਿਸ ਨੋ ਸਬਦੁ ਬੁਝਾਏ ਜੋ ਜਾਇ ਪਵੈ ਹਰਿ ਸਰਣਾਈ ॥੩॥ {ਪੰਨਾ 571}

ਪਦਅਰਥ:- ਦੇਖਿ ਕੈ—ਦੇਖਿ ਕਰਿ, ਵੇਖ ਕੇ । ਕਰੀ—ਮੈਂ ਕਰਦਾ ਹਾਂ । ਵਡਾਈ—ਇੱਜ਼ਤ । ਦਾਤਾ—ਬਖ਼ਸ਼ਸ਼ਾਂ ਕਰਨ ਵਾਲਾ । ਅਵਰੁ—ਕੋਈ ਹੋਰ । ਜੁਗਿ ਜੁਗਿ ਏਕੋ—ਜੋ ਹਰੇਕ ਜੁਗ ਵਿਚ ਇਕ ਆਪ ਹੀ ਆਪ ਹੈ । ਜਾਤਾ—ਡੂੰਘੀ ਸਾਂਝ ਪਾਈ । ਜਤੁ—ਕਾਮ-ਵਾਸਨਾ ਨੂੰ ਰੋਕਣ ਦਾ ਜਤਨ । ਸਤੁ—ਉੱਚਾ ਆਚਰਨ । ਸੰਜਮੁ—ਇੰਦ੍ਰਿਆਂ ਨੂੰ ਵੱਸ ਕਰਨ ਦਾ ਜਤਨ । ਗਤਿ—ਉੱਚੀ ਆਤਮਕ ਅਵਸਥਾ । ਤਿਸ ਨੋ {ਲਫ਼ਜ਼ 'ਤਿਸੁ ਦਾ ੁ ਸੰਬੰਧਕ 'ਨੋ' ਦੇ ਕਾਰਨ ਉੱਡ ਗਿਆ ਹੈ} ।੩।

ਅਰਥ:- ਹੇ ਭਾਈ! ਇਸ ਸੰਸਾਰ ਨੂੰ (ਵਿਕਾਰਾਂ ਵਿਚ) ਸੜਦਾ ਵੇਖ ਕੇ (ਜੇਹੜੇ ਮਨੁੱਖ) ਦੌੜ ਕੇ ਪਰਮਾਤਮਾ ਦੀ ਸਰਨ ਜਾ ਪੈਂਦੇ ਹਨ (ਉਹ ਸੜਨੋਂ ਬਚ ਜਾਂਦੇ ਹਨ) । ਮੈਂ (ਭੀ) ਪੂਰੇ ਗੁਰੂ ਅੱਗੇ ਅਰਜ਼ੋਈ ਕਰਦਾ ਹਾਂ—ਮੈਨੂੰ (ਵਿਕਾਰਾਂ ਦੀ ਸੜਨ ਤੋਂ) ਬਚਾ ਲੈ, ਮੈਨੂੰ (ਇਹ) ਵਡਿਆਈ ਬਖ਼ਸ਼ । ਮੈਨੂੰ ਆਪਣੀ ਸਰਨ ਵਿਚ ਰੱਖ ਪਰਮਾਤਮਾ ਦਾ ਨਾਮ ਜਪਣ ਦੀ ਵਡਿਆਈ ਬਖ਼ਸ਼ । ਇਹ ਦਾਤਿ ਬਖ਼ਸ਼ਣ ਦੀ ਸਮਰੱਥਾ ਰੱਖਣ ਵਾਲਾ ਤੇਰੇ ਜੇਡਾ ਹੋਰ ਕੋਈ ਨਹੀਂ । ਹੇ ਭਾਈ! ਜੇਹੜੇ ਮਨੁੱਖ ਪਰਮਾਤਮਾ ਦੀ ਸੇਵਾ-ਭਗਤੀ ਵਿਚ ਲੱਗਦੇ ਹਨ, ਉਹ ਵੱਡੇ ਭਾਗਾਂ ਵਾਲੇ ਹਨ, ਉਹ ਉਸ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲੈਂਦੇ ਹਨ ਜੇਹੜਾ ਹਰੇਕ ਜੁਗ ਵਿਚ ਇਕ ਆਪ ਹੀ ਆਪ ਹੈ ।

(ਹੇ ਭਾਈ! ਜੇ ਕੋਈ ਮਨੁੱਖ) ਜਤ ਸਤ ਸੰਜਮ (ਆਦਿਕ) ਕਰਮ ਕਮਾਂਦਾ ਹੈ (ਉਸ ਦਾ ਇਹ ਉੱਦਮ ਵਿਅਰਥ ਜਾਂਦਾ ਹੈ), ਗੁਰੂ ਦੀ ਸਰਨ ਪੈਣ ਤੋਂ ਬਿਨਾ ਉੱਚੀ ਆਤਮਕ ਅਵਸਥਾ ਪ੍ਰਾਪਤ ਨਹੀਂ ਹੋ ਸਕਦੀ । ਹੇ ਨਾਨਕ! ਜੇਹੜਾ ਮਨੁੱਖ ਪਰਮਾਤਮਾ ਦੀ ਸਰਨ ਜਾ ਪੈਂਦਾ ਹੈ, ਪਰਮਾਤਮਾ ਉਸ ਨੂੰ ਗੁਰੂ ਦਾ ਸ਼ਬਦ ਸਮਝਣ ਦੀ ਦਾਤਿ ਬਖ਼ਸ਼ਦਾ ਹੈ ।੩।

ਜੋ ਹਰਿ ਮਤਿ ਦੇਇ ਸਾ ਊਪਜੈ ਹੋਰ ਮਤਿ ਨ ਕਾਈ ਰਾਮ ॥ ਅੰਤਰਿ ਬਾਹਰਿ ਏਕੁ ਤੂ ਆਪੇ ਦੇਹਿ ਬੁਝਾਈ ਰਾਮ ॥ ਆਪੇ ਦੇਹਿ ਬੁਝਾਈ ਅਵਰ ਨ ਭਾਈ ਗੁਰਮੁਖਿ ਹਰਿ ਰਸੁ ਚਾਖਿਆ ॥ ਦਰਿ ਸਾਚੈ ਸਦਾ ਹੈ ਸਾਚਾ ਸਾਚੈ ਸਬਦਿ ਸੁਭਾਖਿਆ ॥ ਘਰ ਮਹਿ ਨਿਜ ਘਰੁ ਪਾਇਆ ਸਤਿਗੁਰੁ ਦੇਇ ਵਡਾਈ ॥ ਨਾਨਕ ਜੋ ਨਾਮਿ ਰਤੇ ਸੇਈ ਮਹਲੁ ਪਾਇਨਿ ਮਤਿ ਪਰਵਾਣੁ ਸਚੁ ਸਾਈ ॥੪॥੬॥ {ਪੰਨਾ 571}

ਪਦਅਰਥ:- ਦੇਇ—ਦੇਂਦਾ ਹੈ । ਦੇਹਿ—ਦੇਂਹਿ, ਤੂੰ ਦੇਂਦਾ ਹੈਂ । ਬੁਝਾਈ—ਸਮਝ । ਨ ਭਾਈ—ਪਸੰਦ ਨਹੀਂ ਆਉਂਦੀ । ਦਰਿ—ਦਰ ਤੇ । ਸਾਚੈ ਦਰਿ—ਸਦਾ-ਥਿਰ ਪ੍ਰਭੂ ਦੇ ਦਰ ਤੇ । ਸਾਚੈ ਸਬਦਿ—ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਦੀ ਰਾਹੀਂ । ਸੁਭਾਖਿਆ—ਸਿਫ਼ਤਿ-ਸਾਲਾਹ ਕਰਦਾ ਹੈ । ਘਰ ਮਹਿ—ਹਿਰਦੇ ਵਿਚ । ਨਿਜ ਘਰੁ—ਆਪਣਾ ਅਸਲ ਘਰ, ਪ੍ਰਭੂ ਦੀ ਹਜ਼ੂਰੀ । ਨਾਮਿ—ਨਾਮ ਵਿਚ । ਸੇਈ—ਉਹ ਬੰਦੇ ਹੀ । ਪਾਇਨਿ—ਪਾ ਲੈਂਦੇ ਹਨ । ਸਚੁ—ਸਦਾ-ਥਿਰ ਰਹਿਣ ਵਾਲਾ ਪ੍ਰਭੂ । ਸਾਈ ਮਤਿ—ਉਹੀ ਅਕਲ ।੪।

ਅਰਥ:- ਹੇ ਭਾਈ! ਪਰਮਾਤਮਾ ਜੇਹੜੀ ਅਕਲ (ਮਨੁੱਖ ਨੂੰ) ਦੇਂਦਾ ਹੈ (ਉਸ ਦੇ ਅੰਦਰ) ਉਹੀ ਮਤਿ ਪਰਗਟ ਹੁੰਦੀ ਹੈ । (ਪ੍ਰਭੂ ਦੀ ਦਿੱਤੀ ਮਤਿ ਤੋਂ ਬਿਨਾ) ਹੋਰ ਕੋਈ ਮਤਿ (ਮਨੁੱਖ ਗ੍ਰਹਿਣ) ਨਹੀਂ (ਕਰ

ਸਕਦਾ) ।

ਹੇ ਪ੍ਰਭੂ! (ਹਰੇਕ ਜੀਵ ਦੇ) ਅੰਦਰ ਤੇ ਬਾਹਰ ਸਿਰਫ਼ ਤੂੰ ਹੀ ਵੱਸਦਾ ਹੈਂ, ਤੂੰ ਆਪ ਹੀ ਜੀਵ ਨੂੰ ਸਮਝ ਬਖ਼ਸ਼ਦਾ ਹੈਂ । (ਹੇ ਪ੍ਰਭੂ!) ਤੂੰ ਆਪ ਹੀ (ਜੀਵ ਨੂੰ) ਅਕਲ ਦੇਂਦਾ ਹੈਂ (ਤੇਰੀ ਦਿੱਤੀ ਹੋਈ ਅਕਲ ਤੋਂ ਬਿਨਾ) ਕੋਈ ਹੋਰ (ਅਕਲ ਜੀਵ ਨੂੰ) ਪਸੰਦ ਹੀ ਨਹੀਂ ਆ ਸਕਦੀ । (ਤਾਂਹੀਏ, ਹੇ ਭਾਈ!) ਗੁਰੂ ਦੀ ਸਰਨ ਪੈਣ ਵਾਲਾ ਮਨੁੱਖ ਪਰਮਾਤਮਾ ਦੇ ਨਾਮ ਦਾ ਸਵਾਦ ਚੱਖਦਾ ਹੈ । ਗੁਰੂ ਦੇ ਸ਼ਬਦ ਦੀ ਰਾਹੀਂ ਜੇਹੜਾ ਮਨੁੱਖ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਹੈ, ਉਹ ਸਦਾ-ਥਿਰ ਪ੍ਰਭੂ ਦੇ ਦਰ ਤੇ ਸਦਾ ਅਡੋਲ ਚਿੱਤ ਟਿਕਿਆ ਰਹਿੰਦਾ ਹੈ । ਹੇ ਭਾਈ! ਜਿਸ ਮਨੁੱਖ ਨੂੰ ਸਤਿਗੁਰੂ ਵਡਿਆਈ ਦੇਂਦਾ ਹੈ, ਉਹ ਆਪਣੇ ਹਿਰਦੇ ਵਿਚ ਹੀ ਪ੍ਰਭੂ ਦੀ ਹਜ਼ੂਰੀ ਹਾਸਲ ਕਰ ਲੈਂਦਾ ਹੈ ।

ਹੇ ਨਾਨਕ! ਜੇਹੜੇ ਮਨੁੱਖ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗੇ ਜਾਂਦੇ ਹਨ, ਉਹ ਹੀ ਪਰਮਾਤਮਾ ਦੀ ਹਜ਼ੂਰੀ ਪ੍ਰਾਪਤ ਕਰਦੇ ਹਨ, ਸਦਾ-ਥਿਰ ਪ੍ਰਭੂ ਉਹਨਾਂ ਦੀ ਉਹ (ਨਾਮ ਸਿਮਰਨ ਵਾਲੀ) ਅਕਲ ਪਰਵਾਨ ਕਰਦਾ ਹੈ ।੪।੬।

ਵਡਹੰਸੁ ਮਹਲਾ ੪ ਛੰਤ ੧ੴ ਸਤਿਗੁਰ ਪ੍ਰਸਾਦਿ ॥ ਮੇਰੈ ਮਨਿ ਮੇਰੈ ਮਨਿ ਸਤਿਗੁਰਿ ਪ੍ਰੀਤਿ ਲਗਾਈ ਰਾਮ ॥ ਹਰਿ ਹਰਿ ਹਰਿ ਹਰਿ ਨਾਮੁ ਮੇਰੈ ਮੰਨਿ ਵਸਾਈ ਰਾਮ ॥ ਹਰਿ ਹਰਿ ਨਾਮੁ ਮੇਰੈ ਮੰਨਿ ਵਸਾਈ ਸਭਿ ਦੂਖ ਵਿਸਾਰਣਹਾਰਾ ॥ ਵਡਭਾਗੀ ਗੁਰ ਦਰਸਨੁ ਪਾਇਆ ਧਨੁ ਧਨੁ ਸਤਿਗੁਰੂ ਹਮਾਰਾ ॥ ਊਠਤ ਬੈਠਤ ਸਤਿਗੁਰੁ ਸੇਵਹ ਜਿਤੁ ਸੇਵਿਐ ਸਾਂਤਿ ਪਾਈ ॥ ਮੇਰੈ ਮਨਿ ਮੇਰੈ ਮਨਿ ਸਤਿਗੁਰ ਪ੍ਰੀਤਿ ਲਗਾਈ ॥੧॥ {ਪੰਨਾ 572}

ਪਦਅਰਥ:- ਮੇਰੈ ਮਨਿ—ਮੇਰੇ ਮਨ ਵਿਚ । ਸਤਿਗੁਰਿ—ਗੁਰੂ ਨੇ । ਮੇਰੈ ਮੰਨਿ—ਮੇਰੇ ਮਨ ਵਿਚ । ਸਭਿ—ਸਾਰੇ । ਵਿਸਾਰਣਹਾਰਾ—ਦੂਰ ਕਰਨ ਜੋਗਾ । ਧਨੁ ਧਨੁ—ਸਲਾਹੁਣ-ਜੋਗ । ਸੇਵਹ—ਅਸੀ ਸੇਵਦੇ ਹਾਂ, ਅਸੀ ਸੇਵਾ ਕਰਦੇ ਹਾਂ । ਜਿਤੁ—ਜਿਸ ਦੀ ਰਾਹੀਂ । ਜਿਤੁ ਸੇਵਿਐ—ਜਿਸ ਸੇਵਾ ਦੀ ਰਾਹੀਂ । ਸਤਿਗੁਰ ਪ੍ਰੀਤਿ—ਗੁਰੂ ਦੀ ਪ੍ਰੀਤਿ ।੧।

ਅਰਥ:- ਹੇ ਭਾਈ! ਗੁਰੂ ਨੇ ਮੇਰੇ ਮਨ ਵਿਚ (ਆਪਣੇ ਚਰਨਾਂ ਦੀ) ਪ੍ਰੀਤਿ ਪੈਦਾ ਕੀਤੀ ਹੈ । ਗੁਰੂ ਨੇ ਮੇਰੇ ਮਨ ਵਿਚ ਪਰਮਾਤਮਾ ਦਾ ਨਾਮ ਵਸਾ ਦਿੱਤਾ ਹੈ । (ਗੁਰੂ ਨੇ) ਮੇਰੇ ਮਨ ਵਿਚ (ਉਹ) ਹਰਿ-ਨਾਮ ਵਸਾ ਦਿੱਤਾ ਹੈ ਜੋ ਸਾਰੇ ਦੁੱਖ ਦੂਰ ਕਰਨ ਦੀ ਸਮਰਥਾ ਵਾਲਾ ਹੈ । ਵੱਡੇ ਭਾਗਾਂ ਨਾਲ ਮੈਂ ਸਤਿਗੁਰੂ ਦਾ ਦਰਸ਼ਨ ਕਰ ਲਿਆ ਹੈ । ਮੇਰਾ ਗੁਰੂ ਬਹੁਤ ਹੀ ਸਲਾਹੁਣ-ਜੋਗ ਹੈ । ਹੁਣ ਮੈਂ ਉਠਦਾ ਬੈਠਦਾ ਹਰ ਵੇਲੇ ਗੁਰੂ ਦੀ ਦੱਸੀ ਸੇਵਾ ਕਰਦਾ ਹਾਂ ਜਿਸ ਸੇਵਾ ਦੀ ਬਰਕਤਿ ਨਾਲ ਮੈਂ ਆਤਮਕ ਸ਼ਾਂਤੀ ਹਾਸਲ ਕਰ ਲਈ ਹੈ । ਹੇ ਭਾਈ! ਮੇਰੇ ਮਨ ਵਿਚ ਗੁਰੂ ਦਾ ਪਿਆਰ ਪੈਦਾ ਹੋ ਗਿਆ ਹੈ ।੧।

ਹਉ ਜੀਵਾ ਹਉ ਜੀਵਾ ਸਤਿਗੁਰ ਦੇਖਿ ਸਰਸੇ ਰਾਮ ॥ ਹਰਿ ਨਾਮੋ ਹਰਿ ਨਾਮੁ ਦ੍ਰਿੜਾਏ ਜਪਿ ਹਰਿ ਹਰਿ ਨਾਮੁ ਵਿਗਸੇ ਰਾਮ ॥ ਜਪਿ ਹਰਿ ਹਰਿ ਨਾਮੁ ਕਮਲ ਪਰਗਾਸੇ ਹਰਿ ਨਾਮੁ ਨਵੰ ਨਿਧਿ ਪਾਈ ॥ ਹਉਮੈ ਰੋਗੁ ਗਇਆ ਦੁਖੁ ਲਾਥਾ ਹਰਿ ਸਹਜਿ ਸਮਾਧਿ ਲਗਾਈ ॥ ਹਰਿ ਨਾਮੁ ਵਡਾਈ ਸਤਿਗੁਰ ਤੇ ਪਾਈ ਸੁਖੁ ਸਤਿਗੁਰ ਦੇਵ ਮਨੁ ਪਰਸੇ ॥ ਹਉ ਜੀਵਾ ਹਉ ਜੀਵਾ ਸਤਿਗੁਰ ਦੇਖਿ ਸਰਸੇ ॥੨॥ {ਪੰਨਾ 572}

ਪਦਅਰਥ:- ਹਉ—ਮੈਂ । ਜੀਵਾ—ਜੀਵਾਂ, ਜੀਉ ਪੈਂਦਾ ਹਾਂ, ਮੈਨੂੰ ਆਤਮਕ ਜੀਵਨ ਮਿਲ ਜਾਂਦਾ ਹੈ । ਦੇਖਿ—ਵੇਖ ਕੇ । ਸਰਸੇ—ਸ-ਰਸੇ, ਰਸ ਨਾਲ ਭਰ ਜਾਂਦਾ ਹੈ । ਦ੍ਰਿੜਾਏ—(ਹਿਰਦੇ ਵਿਚ) ਪੱਕਾ ਟਿਕਾ ਦੇਂਦਾ ਹੈ । ਜਪਿ—ਜਪ ਕੇ । ਵਿਗਸੇ—ਖਿੜ ਆਉਂਦਾ ਹੈ । ਕਮਲ—ਕੌਲ ਫੁੱਲ । ਪਰਗਾਸੇ—ਖਿੜਦਾ ਹੈ । ਨਵੰ ਨਿਧਿ—ਨੌ ਨਿਧੀਆਂ, ਦੁਨੀਆ ਦੇ ਸਾਰੇ ਨੌ ਹੀ ਖ਼ਜ਼ਾਨੇ । ਸਹਜਿ—ਆਤਮਕ ਅਡੋਲਤਾ ਵਿਚ । ਸਮਾਧਿ—ਟਿਕਵੀਂ ਸੁਰਤਿ । ਤੇ—ਤੋਂ । ਪਰਸੇ—ਪਰਸਿ, ਛੁਹ ਕੇ ।੨।

ਅਰਥ:- ਹੇ ਭਾਈ! ਗੁਰੂ ਦਾ ਦਰਸ਼ਨ ਕਰ ਕੇ ਮੈਨੂੰ ਆਤਮਕ ਜੀਵਨ ਮਿਲ ਜਾਂਦਾ ਹੈ, (ਮੇਰਾ ਮਨ) ਰਸ ਨਾਲ ਭਰ ਜਾਂਦਾ ਹੈ । ਗੁਰੂ ਮੇਰੇ ਮਨ ਵਿਚ ਪਰਮਾਤਮਾ ਦਾ ਨਾਮ ਪੱਕਾ ਕਰ ਕੇ ਟਿਕਾ ਦੇਂਦਾ ਹੈ, (ਉਸ) ਹਰਿ-ਨਾਮ ਨੂੰ ਜਪ ਜਪ ਕੇ ਮੇਰਾ ਮਨ ਖਿੜਿਆ ਰਹਿੰਦਾ ਹੈ । ਪਰਮਾਤਮਾ ਦਾ ਨਾਮ ਜਪ ਜਪ ਕੇ ਮੇਰਾ ਹਿਰਦਾ ਕੌਲ-ਫੁੱਲ ਵਾਂਗ ਖਿੜ ਪੈਂਦਾ ਹੈ, ਹਰਿ-ਨਾਮ ਲੱਭ ਕੇ (ਮੈਨੂੰ ਇਉਂ ਜਾਪਦਾ ਹੈ ਕਿ) ਮੈਂ ਦੁਨੀਆ ਦੇ ਨੌ ਹੀ ਖ਼ਜ਼ਾਨੇ ਹਾਸਲ ਕਰ ਲਏ ਹਨ । ਮੇਰੇ ਅੰਦਰੋਂ ਹਉਮੈ ਰੋਗ ਦੂਰ ਹੋ ਗਿਆ ਹੈ, ਮੇਰਾ ਸਾਰਾ ਦੁੱਖ ਲਹਿ ਗਿਆ ਹੈ, ਹਰਿ-ਨਾਮ ਨੇ ਆਤਮਕ ਅਡੋਲਤਾ ਵਿਚ ਮੇਰੀ ਸੁਰਤਿ ਟਿਕਵੇਂ ਤੌਰ ਤੇ ਜੋੜ ਦਿੱਤੀ ਹੈ । ਹੇ ਭਾਈ! ਇਹ ਹਰਿ-ਨਾਮ (ਜੋ ਮੇਰੇ ਵਾਸਤੇ ਬੜੀ) ਇੱਜ਼ਤ (ਹੈ), ਮੈਂ ਗੁਰੂ ਪਾਸੋਂ ਹਾਸਲ ਕੀਤਾ ਹੈ, ਗੁਰ-ਦੇਵ (ਦੇ ਚਰਨਾਂ) ਨੂੰ ਛੁਹ ਕੇ ਮੇਰਾ ਮਨ ਆਨੰਦ ਅਨੁਭਵ ਕਰਦਾ ਹੈ । ਹੇ ਭਾਈ! ਗੁਰੂ ਦਾ ਦਰਸਨ ਕਰ ਕੇ ਮੈਨੂੰ ਆਤਮਕ ਜੀਵਨ ਮਿਲ ਜਾਂਦਾ ਹੈ, (ਮੇਰਾ ਮਨ) ਰਸ ਨਾਲ ਭਰ ਜਾਂਦਾ ਹੈ ।੨।

ਕੋਈ ਆਣਿ ਕੋਈ ਆਣਿ ਮਿਲਾਵੈ ਮੇਰਾ ਸਤਿਗੁਰੁ ਪੂਰਾ ਰਾਮ ॥ ਹਉ ਮਨੁ ਤਨੁ ਹਉ ਮਨੁ ਤਨੁ ਦੇਵਾ ਤਿਸੁ ਕਾਟਿ ਸਰੀਰਾ ਰਾਮ ॥ ਹਉ ਮਨੁ ਤਨੁ ਕਾਟਿ ਕਾਟਿ ਤਿਸੁ ਦੇਈ ਜੋ ਸਤਿਗੁਰ ਬਚਨ ਸੁਣਾਏ ॥ ਮੇਰੈ ਮਨਿ ਬੈਰਾਗੁ ਭਇਆ ਬੈਰਾਗੀ ਮਿਲਿ ਗੁਰ ਦਰਸਨਿ ਸੁਖੁ ਪਾਏ ॥ ਹਰਿ ਹਰਿ ਕ੍ਰਿਪਾ ਕਰਹੁ ਸੁਖਦਾਤੇ ਦੇਹੁ ਸਤਿਗੁਰ ਚਰਨ ਹਮ ਧੂਰਾ ॥ ਕੋਈ ਆਣਿ ਕੋਈ ਆਣਿ ਮਿਲਾਵੈ ਮੇਰਾ ਸਤਿਗੁਰੁ ਪੂਰਾ ॥੩॥ {ਪੰਨਾ 572}

ਪਦਅਰਥ:- ਆਣਿ—ਲਿਆ ਕੇ । ਹਉ—ਮੈਂ । ਦੇਵਾ—ਦੇਵਾਂ, ਮੈਂ ਦਿਆਂਗਾ । ਤਿਸੁ—ਉਸ ਨੂੰ । ਕਾਟਿ—ਕੱਟ ਕੇ । ਦੇਈ—ਦੇਈਂ, ਮੈਂ ਦਿਆਂਗਾ । ਮਨਿ—ਮਨ ਵਿਚ । ਬੈਰਾਗੁ—ਮਿਲਣ ਦੀ ਤਾਂਘ । ਬੈਰਾਗੀ ਮਨਿ—ਵੈਰਾਗੀ ਮਨ ਵਿਚ । ਮਿਲਿ ਗੁਰ—ਗੁਰੂ ਨੂੰ ਮਿਲ ਕੇ । ਦਰਸਨਿ—(ਗੁਰੂ ਦੇ) ਦਰਸਨ ਨਾਲ । ਹਰਿ ਹਰਿ—ਹੇ ਹਰੀ! ਹਮ—ਮੈਨੂੰ । ਧੂਰਾ—ਧੂੜ ।੩।

ਅਰਥ:- ਜੇ ਕੋਈ ਗੁਰਮੁਖ ਮੈਨੂੰ ਪੂਰਾ ਗੁਰੂ ਲਿਆ ਕੇ ਮਿਲਾ ਦੇਵੇ, ਮੈਂ ਆਪਣਾ ਮਨ ਆਪਣਾ ਸਰੀਰ ਉਸ ਦੇ ਹਵਾਲੇ ਕਰ ਦਿਆਂ, ਆਪਣਾ ਸਰੀਰ ਕੱਟ ਕੇ ਉਸ ਨੂੰ ਦੇ ਦਿਆਂ । ਜੇਹੜਾ ਕੋਈ ਗੁਰਮੁਖ ਮੈਨੂੰ ਗੁਰੂ ਦੇ ਬਚਨ ਸੁਣਾਵੇ, ਮੈਂ ਆਪਣਾ ਮਨ ਕੱਟ ਕੇ ਆਪਣਾ ਤਨ ਕੱਟ ਕੇ (ਮਨ ਤੇ ਤਨ ਦੀ ਅਪਣੱਤ ਦਾ ਮੋਹ ਕੱਟ ਕੇ) ਉਸ ਦੇ ਹਵਾਲੇ ਕਰ ਦਿਆਂ । ਮੇਰੇ ਉਤਾਵਲੇ ਹੋ ਰਹੇ ਮਨ ਵਿਚ ਗੁਰੂ ਦੇ ਦਰਸਨ ਦੀ ਤਾਂਘ ਪੈਦਾ ਹੋ ਰਹੀ ਹੈ । ਗੁਰੂ ਨੂੰ ਮਿਲ ਕੇ, ਗੁਰੂ ਦੇ ਦਰਸਨ ਨਾਲ ਮੇਰਾ ਮਨ ਸੁਖ ਅਨੁਭਵ ਕਰਦਾ ਹੈ ।

ਹੇ ਹਰੀ! ਹੇ ਸੁਖਦਾਤੇ ਹਰੀ! ਮੇਹਰ ਕਰ, ਮੈਨੂੰ ਪੂਰੇ ਗੁਰੂ ਦੇ ਚਰਨਾਂ ਦੀ ਧੂੜ ਬਖ਼ਸ਼ । (ਮੇਹਰ ਕਰ, ਕੋਈ ਗੁਰਮੁਖਿ ਸੱਜਣ) ਮੈਨੂੰ ਪੂਰਾ ਗੁਰੂ ਲਿਆ ਕੇ ਮਿਲਾ ਦੇਵੇ ।੩।

ਗੁਰ ਜੇਵਡੁ ਗੁਰ ਜੇਵਡੁ ਦਾਤਾ ਮੈ ਅਵਰੁ ਨ ਕੋਈ ਰਾਮ ॥ ਹਰਿ ਦਾਨੋ ਹਰਿ ਦਾਨੁ ਦੇਵੈ ਹਰਿ ਪੁਰਖੁ ਨਿਰੰਜਨੁ ਸੋਈ ਰਾਮ ॥ ਹਰਿ ਹਰਿ ਨਾਮੁ ਜਿਨੀ ਆਰਾਧਿਆ ਤਿਨ ਕਾ ਦੁਖੁ ਭਰਮੁ ਭਉ ਭਾਗਾ ॥ ਸੇਵਕ ਭਾਇ ਮਿਲੇ ਵਡਭਾਗੀ ਜਿਨ ਗੁਰ ਚਰਨੀ ਮਨੁ ਲਾਗਾ ॥ ਕਹੁ ਨਾਨਕ ਹਰਿ ਆਪਿ ਮਿਲਾਏ ਮਿਲਿ ਸਤਿਗੁਰ ਪੁਰਖ ਸੁਖੁ ਹੋਈ ॥ ਗੁਰ ਜੇਵਡੁ ਗੁਰ ਜੇਵਡੁ ਦਾਤਾ ਮੈ ਅਵਰੁ ਨ ਕੋਈ ॥੪॥੧॥ {ਪੰਨਾ 572}

ਪਦਅਰਥ:- ਜੇਵਡੁ—ਬਰਾਬਰ ਦਾ । ਮੈ—ਮੈਨੂੰ । ਦਾਨੋ—ਦਾਨੁ । ਨਿਰੰਜਨੁ—{ਨਿਰ-ਅੰਜਨੁ} ਮਾਇਆ ਦੇ ਮੋਹ ਦੀ ਕਾਲਖ ਤੋਂ ਰਹਿਤ । ਜਿਨੀ—ਜਿਨ੍ਹਾਂ ਨੇ । ਸੇਵਕ ਭਾਇ—ਸੇਵਕ ਵਾਲੀ ਭਾਵਨਾ ਨਾਲ, ਸੇਵਕ ਵਾਲੇ ਪਿਆਰ ਨਾਲ । ਮਿਲਿ—ਮਿਲ ਕੇ ।੧।

ਅਰਥ:- ਹੇ ਭਾਈ! ਗੁਰੂ ਦੇ ਬਰਾਬਰ ਦਾ ਦਾਤਾ ਮੈਨੂੰ ਹੋਰ ਕੋਈ ਨਹੀਂ (ਦਿੱਸਦਾ) (ਕਿਉਂਕਿ) ਗੁਰੂ (ਉਸ ਪਰਮਾਤਮਾ ਦੇ ਨਾਮ ਦਾ) ਦਾਨ ਬਖ਼ਸ਼ਦਾ ਹੈ ਜੋ ਸਰਬ-ਵਿਆਪਕ ਹੈ ਤੇ ਜੋ ਮਾਇਆ ਦੇ ਪ੍ਰਭਾਵ ਤੋਂ ਪਰੇ ਹੈ । (ਗੁਰੂ ਦੀ ਕਿਰਪਾ ਨਾਲ) ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦਾ ਨਾਮ ਸਿਮਰਿਆ ਹੈ, ਉਹਨਾਂ ਦਾ (ਹਰੇਕ ਕਿਸਮ ਦਾ) ਦੁੱਖ ਭਰਮ ਤੇ ਡਰ ਦੂਰ ਹੋ ਗਿਆ । ਜਿਨ੍ਹਾਂ ਵੱਡੇ ਭਾਗਾਂ ਵਾਲੇ ਮਨੁੱਖਾਂ ਦਾ ਮਨ ਗੁਰੂ ਦੇ ਚਰਨਾਂ ਵਿਚ ਜੁੜ ਗਿਆ, ਉਹ ਸੇਵਕ ਭਾਵਨਾ ਦੀ ਰਾਹੀਂ (ਪਰਮਾਤਮਾ ਵਿਚ) ਮਿਲ ਗਿਆ ।

ਹੇ ਨਾਨਕ! ਆਖ—ਪਰਮਾਤਮਾ ਆਪ ਹੀ (ਜੀਵ ਨੂੰ ਆਪਣੇ ਨਾਲ) ਮਿਲਾਂਦਾ ਹੈ, ਤੇ, ਗੁਰੂ ਨੂੰ ਮਿਲ ਕੇ ਪਰਮਾਤਮਾ ਨੂੰ ਮਿਲ ਕੇ (ਜੀਵ ਦੇ ਅੰਦਰ) ਆਤਮਕ ਆਨੰਦ ਪੈਦਾ ਹੁੰਦਾ ਹੈ । ਹੇ ਭਾਈ! ਗੁਰੂ ਦੇ ਬਰਾਬਰ ਦਾ ਦਾਤਾ ਮੈਨੂੰ ਹੋਰ ਕੋਈ ਨਹੀਂ ਦਿੱਸਦਾ ।੪।੧।

ਵਡਹੰਸੁ ਮਹਲਾ ੪ ॥ ਹੰਉ ਗੁਰ ਬਿਨੁ ਹੰਉ ਗੁਰ ਬਿਨੁ ਖਰੀ ਨਿਮਾਣੀ ਰਾਮ ॥ ਜਗਜੀਵਨੁ ਜਗਜੀਵਨੁ ਦਾਤਾ ਗੁਰ ਮੇਲਿ ਸਮਾਣੀ ਰਾਮ ॥ ਸਤਿਗੁਰੁ ਮੇਲਿ ਹਰਿ ਨਾਮਿ ਸਮਾਣੀ ਜਪਿ ਹਰਿ ਹਰਿ ਨਾਮੁ ਧਿਆਇਆ ॥ ਜਿਸੁ ਕਾਰਣਿ ਹੰਉ ਢੂੰਢਿ ਢੂਢੇਦੀ ਸੋ ਸਜਣੁ ਹਰਿ ਘਰਿ ਪਾਇਆ ॥ ਏਕ ਦ੍ਰਿਸ੍ਟਿ ਹਰਿ ਏਕੋ ਜਾਤਾ ਹਰਿ ਆਤਮ ਰਾਮੁ ਪਛਾਣੀ ॥ ਹੰਉ ਗੁਰ ਬਿਨੁ ਹੰਉ ਗੁਰ ਬਿਨੁ ਖਰੀ ਨਿਮਾਣੀ ॥੧॥ {ਪੰਨਾ 572}

ਪਦਅਰਥ:- ਹੰਉ—ਮੈਂ । ਖਰੀ—ਬਹੁਤ । ਨਿਮਾਣੀ—ਆਜਿਜ਼ । ਜਗਜੀਵਨੁ—ਜਗਤ ਦਾ ਜੀਵਨ, ਜਗਤ ਨੂੰ ਜਿੰਦ ਦੇਣ ਵਾਲਾ । ਗੁਰ ਮੇਲਿ—ਗੁਰੂ ਦੇ ਮਿਲਾਪ ਦੀ ਰਾਹੀਂ । ਮੇਲਿ ਹਰੀ—ਹਰੀ ਦੇ ਮਿਲਾਪ ਵਿਚ । ਨਾਮਿ—ਨਾਮ ਵਿਚ । ਜਪਿ—ਜਪਿਆ । ਜਿਸੁ ਕਾਰਣਿ—ਜਿਸ (ਹਰਿ-ਸੱਜਣ ਨੂੰ ਮਿਲਣ) ਦੀ ਖ਼ਾਤਰ । ਘਰਿ—ਹਿਰਦੇ ਵਿਚ । ਦ੍ਰਿਸ੍ਟਿ—ਨਿਗਾਹ । ਏਕੋ—ਇਕ ਨੂੰ ਜਪੇ । ਜਾਤਾ—ਪਛਾਣਿਆ । ਆਤਮ ਰਾਮੁ—ਸਰਬ-ਵਿਆਪਕ ਪ੍ਰਭੂ ।੧।

ਅਰਥ:- ਗੁਰੂ ਤੋਂ ਬਿਨਾ ਮੈਂ ਬਹੁਤ ਹੀ ਆਜਿਜ਼ ਸਾਂ । (ਜਦੋਂ ਗੁਰੂ ਮਿਲ ਪਿਆ, ਤਦੋਂ ਮੈਨੂੰ) ਜਗਤ ਦਾ ਜੀਵਨ ਦਾਤਾਰ ਪ੍ਰਭੂ (ਮਿਲ ਪਿਆ), ਗੁਰੂ ਦੇ ਮਿਲਾਪ ਦੀ ਬਰਕਤਿ ਨਾਲ ਮੈਂ (ਜਗ-ਜੀਵਨ ਪ੍ਰਭੂ ਵਿਚ) ਲੀਨ ਹੋ ਗਈ । (ਜਦੋਂ) ਗੁਰੂ (ਮਿਲਿਆ), ਤਦੋਂ ਮੈਂ ਪਰਮਾਤਮਾ ਦੇ ਮਿਲਾਪ ਵਿਚ ਪਰਮਾਤਮਾ ਦੇ ਨਾਮ ਵਿਚ ਲੀਨ ਹੋ ਗਈ, ਮੈਂ ਪਰਮਾਤਮਾ ਦਾ ਨਾਮ ਜਪਣਾ ਸ਼ੁਰੂ ਕਰ ਦਿੱਤਾ, ਨਾਮ ਆਰਾਧਨਾ ਸ਼ੁਰੂ

ਕਰ ਦਿੱਤਾ । ਜਿਸ ਸੱਜਣ-ਪ੍ਰਭੂ ਨੂੰ ਮਿਲਣ ਦੀ ਖ਼ਾਤਰ ਮੈਂ ਇਤਨੀ ਭਾਲ ਕਰ ਰਹੀ ਸਾਂ ਉਹ ਸੱਜਣ-ਹਰੀ ਮੈਂ ਆਪਣੇ ਹਿਰਦੇ ਵਿਚ ਲੱਭ ਲਿਆ । ਮੈਂ ਇਕ ਨਿਗਾਹ ਨਾਲ ਇਕ ਪਰਮਾਤਮਾ ਨੂੰ (ਹਰ ਥਾਂ ਵੱਸਦਾ) ਸਮਝ ਲਿਆ, ਮੈਂ ਸਰਬ-ਵਿਆਪਕ ਰਾਮ ਨੂੰ ਪਛਾਣ ਲਿਆ । ਗੁਰੂ ਤੋਂ ਬਿਨਾ ਮੈਂ (ਪਹਿਲਾਂ) ਬਹੁਤ ਹੀ ਆਜਿਜ਼ ਸਾਂ ।੧।

ਜਿਨਾ ਸਤਿਗੁਰੁ ਜਿਨ ਸਤਿਗੁਰੁ ਪਾਇਆ ਤਿਨ ਹਰਿ ਪ੍ਰਭੁ ਮੇਲਿ ਮਿਲਾਏ ਰਾਮ ॥ ਤਿਨ ਚਰਣ ਤਿਨ ਚਰਣ ਸਰੇਵਹ ਹਮ ਲਾਗਹ ਤਿਨ ਕੈ ਪਾਏ ਰਾਮ ॥ ਹਰਿ ਹਰਿ ਚਰਣ ਸਰੇਵਹ ਤਿਨ ਕੇ ਜਿਨ ਸਤਿਗੁਰੁ ਪੁਰਖੁ ਪ੍ਰਭੁ ਧ੍ਯਾਇਆ ॥ ਤੂ ਵਡਦਾਤਾ ਅੰਤਰਜਾਮੀ ਮੇਰੀ ਸਰਧਾ ਪੂਰਿ ਹਰਿ ਰਾਇਆ ॥ ਗੁਰਸਿਖ ਮੇਲਿ ਮੇਰੀ ਸਰਧਾ ਪੂਰੀ ਅਨਦਿਨੁ ਰਾਮ ਗੁਣ ਗਾਏ ॥ ਜਿਨ ਸਤਿਗੁਰੁ ਜਿਨ ਸਤਿਗੁਰੁ ਪਾਇਆ ਤਿਨ ਹਰਿ ਪ੍ਰਭੁ ਮੇਲਿ ਮਿਲਾਏ ॥੨॥ {ਪੰਨਾ 573}

ਪਦਅਰਥ:- ਜਿਨ—ਜਿਨ੍ਹਾਂ ਨੇ । ਮੇਲਿ—ਮੇਲ ਵਿਚ, ਆਪਣੇ ਚਰਨਾਂ ਦੇ ਮਿਲਾਪ ਵਿਚ । ਸਰੇਵਹ—ਅਸੀ ਸੇਂਵਦੇ ਹਾਂ, ਸੇਵਾ ਕਰਨ ਨੂੰ ਤਿਆਰ ਹਾਂ । ਲਾਗਹ—ਅਸੀ ਲੱਗਦੇ ਹਾਂ, ਅਸੀਂ ਲੱਗਣ ਨੂੰ ਤਿਆਰ ਹਾਂ । ਕੈ ਪਾਏ—ਦੇ ਚਰਨੀਂ । ਹਰਿ ਹਰਿ—ਹੇ ਹਰੀ! ਧ੍ਯਾਇਆ—ਆਰਾਧਿਆ, ਹਿਰਦੇ ਵਿਚ ਵਸਾਇਆ । ਅੰਤਰਜਾਮੀ—ਦਿਲ ਦੀ ਜਾਣਨ ਵਾਲਾ । ਸਰਧਾ—ਤਾਂਘ । ਪੂਰਿ—ਪੂਰੀ ਕਰ । ਹਰਿ ਰਾਇਆ—ਹੇ ਪ੍ਰਭੂ ਪਾਤਸ਼ਾਹ! ਗੁਰਸਿਖ ਮੇਲਿ—ਗੁਰ ਸਿੱਖਾਂ ਦੇ ਮਿਲਾਪ ਵਿਚ । ਪੂਰੀ—ਪੂਰੀ ਹੋ ਸਕਦੀ ਹੈ । ਅਨਦਿਨੁ—ਹਰ ਰੋਜ਼, ਹਰ ਵੇਲੇ । ਗਾਏ—ਗਾਂਦਾ ਹੈ ।੨।

ਅਰਥ:- ਹੇ ਭਾਈ! ਜਿਨ੍ਹਾਂ (ਵਡਭਾਗੀਆਂ) ਨੇ ਗੁਰੂ ਲੱਭ ਲਿਆ, ਉਹਨਾਂ ਨੂੰ ਹਰਿ-ਪ੍ਰਭੂ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ । ਮੈਂ ਉਹਨਾਂ ਦੇ ਚਰਨਾਂ ਦੀ ਸੇਵਾ ਕਰਨ ਨੂੰ ਤਿਆਰ ਹਾਂ, ਉਹਨਾਂ ਦੀ ਚਰਨੀਂ ਲੱਗਣ ਨੂੰ ਤਿਆਰ ਹਾਂ । ਹੇ ਹਰੀ! ਜਿਨ੍ਹਾਂ ਮਨੁੱਖਾਂ ਨੇ ਗੁਰੂ ਨੂੰ ਆਪਣੇ ਹਿਰਦੇ ਵਿਚ ਵਸਾ ਲਿਆ ਹੈ (ਤੈਨੂੰ) ਪ੍ਰਭੂ ਨੂੰ ਹਿਰਦੇ ਵਿਚ ਟਿਕਾ ਲਿਆ ਹੈ, ਮੈਂ ਉਹਨਾਂ ਦੀ ਸੇਵਾ ਕਰਨੀ ਚਾਹੁੰਦਾ ਹਾਂ । ਹੇ ਪ੍ਰਭੂ ਪਾਤਸ਼ਾਹ! ਤੂੰ ਵੱਡਾ ਦਾਤਾਰ ਹੈਂ, ਤੂੰ ਸਭ ਦੇ ਦਿਲ ਦੀ ਜਾਣਨ ਵਾਲਾ ਹੈਂ, ਮੇਰੀ ਇਹ ਤਾਂਘ ਪੂਰੀ ਕਰ ।

ਹੇ ਭਾਈ! ਮੇਰੀ ਇਹ ਤਾਂਘ ਗੁਰਸਿੱਖਾਂ ਦੀ ਸੰਗਤਿ ਵਿਚ ਹੀ ਪੂਰੀ ਹੋ ਸਕਦੀ ਹੈ (ਜਿਸ ਨੂੰ ਗੁਰਸਿੱਖਾਂ ਦੀ ਸੰਗਤਿ ਪ੍ਰਾਪਤ ਹੁੰਦੀ ਹੈ, ਉਹ) ਹਰ ਵੇਲੇ ਪਰਮਾਤਮਾ ਦੇ ਗੁਣ ਗਾਣ ਲੱਗ ਪੈਂਦਾ ਹੈ । ਜਿਨ੍ਹਾਂ (ਵਡ-ਭਾਗੀਆਂ) ਨੇ ਗੁਰੂ ਲੱਭ ਲਿਆ, ਉਹਨਾਂ ਨੂੰ ਹਰਿ-ਪ੍ਰਭੂ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ ।੨।

ਹੰਉ ਵਾਰੀ ਹੰਉ ਵਾਰੀ ਗੁਰਸਿਖ ਮੀਤ ਪਿਆਰੇ ਰਾਮ ॥ ਹਰਿ ਨਾਮੋ ਹਰਿ ਨਾਮੁ ਸੁਣਾਏ ਮੇਰਾ ਪ੍ਰੀਤਮੁ ਨਾਮੁ ਅਧਾਰੇ ਰਾਮ ॥ ਹਰਿ ਹਰਿ ਨਾਮੁ ਮੇਰਾ ਪ੍ਰਾਨ ਸਖਾਈ ਤਿਸੁ ਬਿਨੁ ਘੜੀ ਨਿਮਖ ਨਹੀ ਜੀਵਾਂ ॥ ਹਰਿ ਹਰਿ ਕ੍ਰਿਪਾ ਕਰੇ ਸੁਖਦਾਤਾ ਗੁਰਮੁਖਿ ਅੰਮ੍ਰਿਤੁ ਪੀਵਾਂ ॥ ਹਰਿ ਆਪੇ ਸਰਧਾ ਲਾਇ ਮਿਲਾਏ ਹਰਿ ਆਪੇ ਆਪਿ ਸਵਾਰੇ ॥ ਹੰਉ ਵਾਰੀ ਹੰਉ ਵਾਰੀ ਗੁਰਸਿਖ ਮੀਤ ਪਿਆਰੇ ॥੩॥ {ਪੰਨਾ 573}

ਪਦਅਰਥ:- ਹੰਉ—ਮੈਂ । ਵਾਰੀ—ਸਦਕੇ, ਕੁਰਬਾਨ । ਨਾਮੋ—ਨਾਮੁ ਹੀ । ਅਧਾਰੇ—ਆਸਰਾ । ਪ੍ਰਾਨ ਸੁਖਾਈ—ਜਿੰਦ ਦਾ ਸਾਥੀ । ਨਿਮਖ—{inm‑} ਅੱਖ ਝਮਕਣ ਜਿਤਨਾ ਸਮਾ । ਗੁਰਮੁਖਿ—ਗੁਰੂ ਦੇ ਸਨਮੁਖ ਹੋ ਕੇ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ । ਆਪੇ—ਆਪ ਹੀ । ਸਰਧਾ—ਨਿਸ਼ਚਾ, ਤਾਂਘ । ਸਵਾਰੇ—ਜੀਵਨ ਸੋਹਣਾ ਬਣਾਂਦਾ ਹੈ ।੩।

ਅਰਥ:- ਮੈਂ ਉਸ ਪਿਆਰੇ ਮਿੱਤਰ ਗੁਰ-ਸਿੱਖ ਤੋਂ ਸਦਕੇ ਜਾਂਦਾ ਹਾਂ ਸਦਕੇ ਜਾਂਦਾ ਹਾਂ, ਜੇਹੜਾ ਮੈਨੂੰ ਸਦਾ ਪਰਮਾਤਮਾ ਦਾ ਨਾਮ ਸੁਣਾਂਦਾ ਰਹੇ । ਪਰਮਾਤਮਾ ਦਾ ਨਾਮ ਹੀ ਮੇਰਾ ਮਿੱਤਰ ਹੈ, (ਮੇਰੀ ਜ਼ਿੰਦਗੀ ਦਾ) ਆਸਰਾ ਹੈ ਪਰਮਾਤਮਾ ਦਾ ਨਾਮ ਮੇਰੀ ਜਿੰਦ ਦਾ ਸਾਥੀ ਹੈ, ਉਸ (ਨਾਮ) ਤੋਂ ਬਿਨਾ ਮੈਂ ਇਕ ਘੜੀ ਭਰ ਅੱਖ ਦੇ ਝਮਕਣ ਜਿਤਨੇ ਸਮੇ ਲਈ ਭੀ ਨਹੀਂ ਰਹਿ ਸਕਦਾ । ਸੁਖਾਂ ਦੇ ਦੇਣ ਵਾਲਾ ਪ੍ਰਭੂ ਜੇ ਮੇਹਰ ਕਰੇ, ਤਾਂ ਹੀ ਮੈਂ ਗੁਰੂ ਦੇ ਸਨਮੁਖ ਰਹਿ ਕੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀ ਸਕਦਾ ਹਾਂ ।

ਹੇ ਭਾਈ! ਪਰਮਾਤਮਾ ਆਪ ਹੀ ਆਪਣੇ (ਮਿਲਾਪ ਦੀ) ਤਾਂਘ ਪੈਦਾ ਕਰਦਾ ਹੈ ਆਪ ਹੀ (ਆਪਣੇ ਚਰਨਾਂ ਵਿਚ) ਜੋੜਦਾ ਹੈ । ਪਰਮਾਤਮਾ ਆਪ ਹੀ (ਆਪਣਾ ਨਾਮ ਦੇ ਕੇ ਮਨੁੱਖ ਦਾ ਜੀਵਨ) ਸੋਹਣਾ ਬਣਾਂਦਾ ਹੈ । ਮੈਂ ਗੁਰੂ ਦੇ ਸਿੱਖ ਤੋਂ ਪਿਆਰੇ ਮਿੱਤਰ ਤੋਂ ਸਦਕੇ ਜਾਂਦਾ ਹਾਂ, ਕੁਰਬਾਨ ਜਾਂਦਾ ਹਾਂ ।੩।

ਹਰਿ ਆਪੇ ਹਰਿ ਆਪੇ ਪੁਰਖੁ ਨਿਰੰਜਨੁ ਸੋਈ ਰਾਮ ॥ ਹਰਿ ਆਪੇ ਹਰਿ ਆਪੇ ਮੇਲੈ ਕਰੈ ਸੋ ਹੋਈ ਰਾਮ ॥ ਜੋ ਹਰਿ ਪ੍ਰਭ ਭਾਵੈ ਸੋਈ ਹੋਵੈ ਅਵਰੁ ਨ ਕਰਣਾ ਜਾਈ ॥ ਬਹੁਤੁ ਸਿਆਣਪ ਲਇਆ ਨ ਜਾਈ ਕਰਿ ਥਾਕੇ ਸਭਿ ਚਤੁਰਾਈ ॥ ਗੁਰ ਪ੍ਰਸਾਦਿ ਜਨ ਨਾਨਕ ਦੇਖਿਆ ਮੈ ਹਰਿ ਬਿਨੁ ਅਵਰੁ ਨ ਕੋਈ ॥ ਹਰਿ ਆਪੇ ਹਰਿ ਆਪੇ ਪੁਰਖੁ ਨਿਰੰਜਨੁ ਸੋਈ ॥੪॥੨॥
{ਪੰਨਾ 573}

ਪਦਅਰਥ:- ਆਪੇ—ਆਪ ਹੀ । ਪੁਰਖੁ—ਸਰਬ-ਵਿਆਪਕ । ਨਿਰੰਜਨੁ—{ਨਿਰ-ਅੰਜਨ} ਮਾਇਆ ਦੇ ਪ੍ਰਭਾਵ ਤੋਂ ਰਹਿਤ । ਪ੍ਰਭ ਭਾਵੈ—ਪ੍ਰਭੂ ਨੂੰ ਚੰਗਾ ਲੱਗਦਾ ਹੈ । ਅਵਰੁ—ਕੁਝ ਹੋਰ । ਸਭਿ—ਸਾਰੇ । ਪ੍ਰਸਾਦਿ—ਕਿਰਪਾ ਨਾਲ ।੪।

ਅਰਥ:- ਹੇ ਭਾਈ! ਸਰਬ-ਵਿਆਪਕ ਤੇ ਮਾਇਆ ਦੇ ਪ੍ਰਭਾਵ ਤੋਂ ਰਹਿਤ ਪਰਮਾਤਮਾ (ਸਭ ਕੁਝ ਕਰਨ ਜੋਗਾ) ਆਪ ਹੀ ਆਪ ਹੈ । ਉਹ ਪਰਮਾਤਮਾ ਆਪ ਹੀ (ਜੀਵਾਂ ਨੂੰ ਆਪਣੇ ਚਰਨਾਂ ਵਿਚ) ਮਿਲਾਂਦਾ ਹੈ, ਜੋ ਕੁਝ ਉਹ ਕਰਦਾ ਹੈ ਉਹੀ ਵਰਤਦਾ ਹੈ । ਹੇ ਭਾਈ! ਜੋ ਕੁਝ ਪਰਮਾਤਮਾ ਨੂੰ ਚੰਗਾ ਲੱਗਦਾ ਹੈ ਉਹੀ ਹੁੰਦਾ ਹੈ, (ਉਸ ਦੀ ਰਜ਼ਾ ਦੇ ਉਲਟ) ਹੋਰ ਕੁਝ ਭੀ ਨਹੀਂ ਕੀਤਾ ਜਾ ਸਕਦਾ ।

ਹੇ ਦਾਸ ਨਾਨਕ! (ਆਖ—) ਮੈਂ ਗੁਰੂ ਦੀ ਕਿਰਪਾ ਨਾਲ (ਉਸ ਪਰਮਾਤਮਾ ਦਾ) ਦਰਸਨ ਕੀਤਾ ਹੈ । ਮੈਨੂੰ ਪਰਮਾਤਮਾ ਤੋਂ ਬਿਨਾ ਹੋਰ ਕੋਈ (ਸਹਾਰਾ) ਨਹੀਂ (ਦਿੱਸਦਾ) । ਹੇ ਭਾਈ! ਸਰਬ-ਵਿਆਪਕ ਤੇ ਮਾਇਆ ਦੇ ਪ੍ਰਭਾਵ ਤੋਂ ਰਹਿਤ ਪਰਮਾਤਮਾ ਆਪ ਹੀ (ਸਭ ਕੁਝ ਕਰਨ ਜੋਗਾ) ਹੈ ।੪।੨।

ਵਡਹੰਸੁ ਮਹਲਾ ੪ ॥ ਹਰਿ ਸਤਿਗੁਰ ਹਰਿ ਸਤਿਗੁਰ ਮੇਲਿ ਹਰਿ ਸਤਿਗੁਰ ਚਰਣ ਹਮ ਭਾਇਆ ਰਾਮ ॥ ਤਿਮਰ ਅਗਿਆਨੁ ਗਵਾਇਆ ਗੁਰ ਗਿਆਨੁ ਅੰਜਨੁ ਗੁਰਿ ਪਾਇਆ ਰਾਮ ॥ ਗੁਰ ਗਿਆਨ ਅੰਜਨੁ ਸਤਿਗੁਰੂ ਪਾਇਆ ਅਗਿਆਨ ਅੰਧੇਰ ਬਿਨਾਸੇ ॥ ਸਤਿਗੁਰ

ਸੇਵਿ ਪਰਮ ਪਦੁ ਪਾਇਆ ਹਰਿ ਜਪਿਆ ਸਾਸ ਗਿਰਾਸੇ ॥ ਜਿਨ ਕੰਉ ਹਰਿ ਪ੍ਰਭਿ ਕਿਰਪਾ ਧਾਰੀ ਤੇ ਸਤਿਗੁਰ ਸੇਵਾ ਲਾਇਆ ॥ ਹਰਿ ਸਤਿਗੁਰ ਹਰਿ ਸਤਿਗੁਰ ਮੇਲਿ ਹਰਿ ਸਤਿਗੁਰ ਚਰਣ ਹਮ ਭਾਇਆ ॥੧॥ {ਪੰਨਾ 573}

ਪਦਅਰਥ:- ਹਰਿ—ਹੇ ਹਰੀ! ਮੇਲਿ—ਮਿਲਾਪ ਵਿਚ । ਸਤਿਗੁਰ ਮੇਲਿ—ਗੁਰੂ ਦੇ ਮਿਲਾਪ ਵਿਚ (ਰੱਖ), ਗੁਰੂ ਦੇ ਚਰਨਾਂ ਵਿਚ ਰੱਖ । ਹਮ—ਮੈਨੂੰ, ਸਾਨੂੰ । ਭਾਇਆ—ਚੰਗੇ ਲੱਗਦੇ ਹਨ । ਤਿਮਰ—ਹਨੇਰਾ । ਅਗਿਆਨੁ—ਬੇ-ਸਮਝੀ, ਆਤਮਕ ਜੀਵਨ ਵਲੋਂ ਬੇ-ਸਮਝੀ । ਗਿਆਨੁ—ਆਤਮਕ ਜੀਵਨ ਦੀ ਸੂਝ । ਅੰਜਨੁ—ਸੁਰਮਾ । ਗੁਰਿ—ਗੁਰੂ ਦੀ ਰਾਹੀਂ । ਸਤਿਗੁਰੁ—ਗੁਰੂ ਦੀ ਰਾਹੀਂ । ਅੰਧੇਰ—ਹਨੇਰੇ । ਸੇਵਿ—ਸੇਵਾ ਕਰ ਕੇ । ਪਰਮ ਪਦੁ—ਸਭ ਤੋਂ ਉੱਚਾ ਦਰਜਾ । ਸਾਸ ਗਿਰਾਸੇ—ਹਰੇਕ ਸਾਹ ਤੇ ਗਿਰਾਹੀ ਨਾਲ । ਪ੍ਰਭਿ—ਪ੍ਰਭੂ ਨੇ । ਤੇ—ਉਹ ਬੰਦੇ ।੧।

ਅਰਥ:- ਹੇ ਹਰੀ! ਮੈਨੂੰ ਗੁਰੂ ਦੇ ਚਰਨਾਂ ਵਿਚ ਰੱਖ, ਮੈਨੂੰ ਗੁਰੂ ਦੇ ਚਰਨਾਂ ਵਿਚ ਰੱਖ । ਗੁਰੂ ਦੇ ਚਰਨ ਮੈਨੂੰ ਪਿਆਰੇ ਲੱਗਦੇ ਹਨ । (ਜਿਸ ਮਨੁੱਖ ਨੇ) ਗੁਰੂ ਦੀ ਰਾਹੀਂ ਆਤਮਕ ਜੀਵਨ ਦੀ ਸੂਝ (ਦਾ) ਸੁਰਮਾ ਹਾਸਲ ਕਰ ਲਿਆ, (ਉਸ ਨੇ ਆਪਣੇ ਅੰਦਰੋਂ) ਆਤਮਕ ਜੀਵਨ ਵਲੋਂ ਬੇਸਮਝੀ (ਦਾ) ਹਨੇਰਾ ਦੂਰ ਕਰ ਲਿਆ ।

ਜਿਸ ਮਨੁੱਖ ਨੇ ਗੁਰੂ ਪਾਸੋਂ ਗਿਆਨ ਦਾ ਸੁਰਮਾ ਲੈ ਲਿਆ ਉਸ ਮਨੁੱਖ ਦੇ ਅਗਿਆਨ ਦੇ ਹਨੇਰੇ ਨਾਸ ਹੋ ਜਾਂਦੇ ਹਨ । ਗੁਰੂ ਦੀ ਦੱਸੀ ਸੇਵਾ ਕਰ ਕੇ ਉਹ ਮਨੁੱਖ ਸਭ ਤੋਂ ਉੱਚਾ ਆਤਮਕ ਦਰਜਾ ਹਾਸਲ ਕਰ ਲੈਂਦਾ ਹੈ, ਉਹ ਮਨੁੱਖ ਹਰੇਕ ਸਾਹ ਨਾਲ ਹਰੇਕ ਗਿਰਾਹੀ ਨਾਲ ਪਰਮਾਤਮਾ ਦਾ ਨਾਮ ਜਪਦਾ ਰਹਿੰਦਾ ਹੈ ।

ਹੇ ਭਾਈ! ਹਰਿ-ਪ੍ਰਭੂ ਨੇ ਜਿਨ੍ਹਾਂ ਮਨੁੱਖਾਂ ਉਤੇ ਮੇਹਰ ਕੀਤੀ, ਉਹਨਾਂ ਨੂੰ ਉਸ ਨੇ ਗੁਰੂ ਦੀ ਸੇਵਾ ਵਿਚ ਜੋੜ ਦਿੱਤਾ । ਹੇ ਹਰੀ! ਮੈਨੂੰ ਗੁਰੂ ਦੇ ਚਰਨਾਂ ਵਿਚ ਰੱਖ, ਗੁਰੂ ਦੇ ਚਰਨਾਂ ਵਿਚ ਰੱਖ, ਗੁਰੂ ਦੇ ਚਰਨ ਮੈਨੂੰ ਪਿਆਰੇ ਲੱਗਦੇ ਹਨ ।੧।

ਮੇਰਾ ਸਤਿਗੁਰੁ ਮੇਰਾ ਸਤਿਗੁਰੁ ਪਿਆਰਾ ਮੈ ਗੁਰ ਬਿਨੁ ਰਹਣੁ ਨ ਜਾਈ ਰਾਮ ॥ ਹਰਿ ਨਾਮੋ ਹਰਿ ਨਾਮੁ ਦੇਵੈ ਮੇਰਾ ਅੰਤਿ ਸਖਾਈ ਰਾਮ ॥ ਹਰਿ ਹਰਿ ਨਾਮੁ ਮੇਰਾ ਅੰਤਿ ਸਖਾਈ ਗੁਰਿ ਸਤਿਗੁਰਿ ਨਾਮੁ ਦ੍ਰਿੜਾਇਆ ॥ ਜਿਥੈ ਪੁਤੁ ਕਲਤ੍ਰੁ ਕੋਈ ਬੇਲੀ ਨਾਹੀ ਤਿਥੈ ਹਰਿ ਹਰਿ ਨਾਮਿ ਛਡਾਇਆ ॥ ਧਨੁ ਧਨੁ ਸਤਿਗੁਰੁ ਪੁਰਖੁ ਨਿਰੰਜਨੁ ਜਿਤੁ ਮਿਲਿ ਹਰਿ ਨਾਮੁ ਧਿਆਈ ॥ ਮੇਰਾ ਸਤਿਗੁਰੁ ਮੇਰਾ ਸਤਿਗੁਰੁ ਪਿਆਰਾ ਮੈ ਗੁਰ ਬਿਨੁ ਰਹਣੁ ਨ ਜਾਈ ॥੨॥ {ਪੰਨਾ 573}

ਪਦਅਰਥ:- ਨਾਮੋ—ਨਾਮੁ ਹੀ । ਅੰਤਿ—ਅਖ਼ੀਰ ਵੇਲੇ । ਸਖਾਈ—ਮਿੱਤਰ । ਗੁਰਿ—ਗੁਰੂ ਨੇ । ਸਤਿਗੁਰਿ—ਸਤਿਗੁਰੂ ਨੇ । ਕਲਤ੍ਰੁ—ਇਸਤ੍ਰੀ । ਬੇਲੀ—ਮਦਦਗਾਰ । ਨਾਮਿ—ਨਾਮ ਨੇ । ਜਿਤੁ—ਜਿਸ ਵਿਚ । ਮਿਲਿ—ਮਿਲ ਕੇ ।੨।

ਅਰਥ:- ਹੇ ਭਾਈ! ਮੈਨੂੰ ਮੇਰਾ ਗੁਰੂ ਬਹੁਤ ਪਿਆਰਾ ਲੱਗਦਾ ਹੈ, ਗੁਰੂ ਤੋਂ ਬਿਨਾ ਮੈਥੋਂ ਰਿਹਾ ਨਹੀਂ ਜਾ ਸਕਦਾ । ਗੁਰੂ ਮੈਨੂੰ ਉਹ ਹਰਿ-ਨਾਮ ਦੇਂਦਾ ਹੈ ਜੇਹੜਾ ਅੰਤ ਵੇਲੇ ਮੇਰਾ ਸਾਥੀ ਬਣੇਗਾ । ਗੁਰੂ ਨੇ ਉਹ

ਹਰਿ-ਨਾਮ ਮੇਰੇ ਹਿਰਦੇ ਵਿਚ ਪੱਕਾ ਕਰ ਦਿੱਤਾ ਹੈ ਜੇਹੜਾ ਅਖ਼ੀਰ ਵੇਲੇ ਮੇਰਾ ਮਿੱਤਰ ਬਣਨ ਵਾਲਾ ਹੈ, ਜਿਸ ਥਾਂ ਪੁਤ੍ਰ ਇਸਤ੍ਰੀ ਕੋਈ ਭੀ ਮਦਦਗਾਰ ਨਹੀਂ ਬਣਦਾ, ਉਥੇ ਹਰਿ-ਨਾਮ ਨੇ ਹੀ (ਜੀਵ ਨੂੰ ਬਿਪਤਾ ਤੋਂ) ਛੁਡਾਣਾ ਹੈ ।

ਧੰਨ ਹੈ ਗੁਰੂ, ਗੁਰੂ ਨਿਰਲੇਪ ਪਰਮਾਤਮਾ ਦਾ ਰੂਪ ਹੈ, ਉਸ ਗੁਰੂ ਵਿਚ ਲੀਨ ਹੋ ਕੇ ਮੈਂ ਪਰਮਾਤਮਾ ਦਾ ਨਾਮ ਸਿਮਰਦਾ ਹਾਂ । ਹੇ ਭਾਈ! ਮੈਨੂੰ ਗੁਰੂ ਬਹੁਤ ਪਿਆਰਾ ਲੱਗਦਾ ਹੈ, ਗੁਰੂ ਤੋਂ ਬਿਨਾ ਮੈਂ ਰਹਿ ਨਹੀਂ ਸਕਦਾ ।੨।

ਜਿਨੀ ਦਰਸਨੁ ਜਿਨੀ ਦਰਸਨੁ ਸਤਿਗੁਰ ਪੁਰਖ ਨ ਪਾਇਆ ਰਾਮ ॥ ਤਿਨ ਨਿਹਫਲੁ ਤਿਨ ਨਿਹਫਲੁ ਜਨਮੁ ਸਭੁ ਬ੍ਰਿਥਾ ਗਵਾਇਆ ਰਾਮ ॥ ਨਿਹਫਲੁ ਜਨਮੁ ਤਿਨ ਬ੍ਰਿਥਾ ਗਵਾਇਆ ਤੇ ਸਾਕਤ ਮੁਏ ਮਰਿ ਝੂਰੇ ॥ ਘਰਿ ਹੋਦੈ ਰਤਨਿ ਪਦਾਰਥਿ ਭੂਖੇ ਭਾਗਹੀਣ ਹਰਿ ਦੂਰੇ ॥ ਹਰਿ ਹਰਿ ਤਿਨ ਕਾ ਦਰਸੁ ਨ ਕਰੀਅਹੁ ਜਿਨੀ ਹਰਿ ਹਰਿ ਨਾਮੁ ਨ ਧਿਆਇਆ ॥ ਜਿਨੀ ਦਰਸਨੁ ਜਿਨੀ ਦਰਸਨੁ ਸਤਿਗੁਰ ਪੁਰਖ ਨ ਪਾਇਆ ॥੩॥ {ਪੰਨਾ 574}

ਪਦਅਰਥ:- ਸਤਿਗੁਰ ਦਰਸਨੁ—ਗੁਰੂ ਦਾ ਦਰਸਨ । ਨਿਹਫਲੁ—ਬੇ-ਫ਼ਾਇਦਾ । ਸਭੁ—ਸਾਰਾ । ਬ੍ਰਿਥਾ—ਵਿਅਰਥ । ਤੇ—ਉਹ ਬੰਦੇ {ਬਹੁ-ਵਚਨ} । ਸਾਕਤ—ਰੱਬ ਨਾਲੋਂ ਟੁੱਟੇ ਹੋਏ । ਮੁਏ—ਆਤਮਕ ਮੌਤੇ ਮਰ ਗਏ । ਮਰਿ—ਆਤਮਕ ਮੌਤ ਸਹੇੜ ਕੇ । ਝੂਰੇ—ਦੁਖੀ ਹੁੰਦੇ ਰਹੇ । ਘਰਿ ਹੋਦੈ ਰਤਨਿ—ਘਰ ਵਿਚ ਰਤਨ ਹੁੰਦਿਆਂ । ਭੂਖੇ—ਤ੍ਰਿਸ਼ਨਾ ਦੇ ਅਧੀਨ । ਕਰੀਅਹੁ—ਤੁਸੀ ਨਾਹ ਕਰਿਹੋ ।੩।

ਅਰਥ:- ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਗੁਰੂ ਮਹਾਪੁਰਖ ਦਾ ਦਰਸਨ ਨਹੀਂ ਕੀਤਾ, ਉਹਨਾਂ ਦਾ ਜਨਮ ਬੇ-ਫ਼ਾਇਦਾ ਗਿਆ, ਉਹਨਾਂ ਨੇ ਸਾਰਾ ਮਨੁੱਖਾ ਜੀਵਨ ਵਿਅਰਥ ਗਵਾ ਲਿਆ । ਉਹਨਾਂ ਨੇ ਆਪਣਾ ਜਨਮ ਵਿਅਰਥ ਅਕਾਰਥ ਗਵਾ ਲਿਆ, ਪਰਮਾਤਮਾ ਨਾਲੋਂ ਟੁੱਟੇ ਹੋਏ ਉਹ ਮਨੁੱਖ ਆਤਮਕ ਮੌਤੇ ਮਰ ਗਏ, ਆਤਮਕ ਮੌਤ ਸਹੇੜ ਕੇ ਉਹ (ਸਾਰੀ ਉਮਰ) ਦੁੱਖੀ ਹੀ ਰਹੇ । ਹਿਰਦੇ-ਘਰ ਵਿਚ ਕੀਮਤੀ ਨਾਮ-ਰਤਨ ਹੁੰਦਿਆਂ ਭੀ ਉਹ ਬਦ-ਨਸੀਬ ਮਰੂੰ-ਮਰੂੰ ਕਰਦੇ ਰਹੇ, ਤੇ, ਪਰਮਾਤਮਾ ਤੋਂ ਵਿਛੁੜੇ ਰਹੇ ।

ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦਾ ਨਾਮ ਨਹੀਂ ਸਿਮਰਿਆ, ਜਿਨ੍ਹਾਂ ਨੇ ਗੁਰੂ ਮਹਾਪੁਰਖ ਦਾ ਦਰਸਨ ਨਹੀਂ ਕੀਤਾ, ਰੱਬ ਕਰ ਕੇ ਤੁਸਾਂ ਉਹਨਾਂ ਦਾ ਦਰਸਨ ਨਾਹ ਕਰਨਾ ।੩।

ਹਮ ਚਾਤ੍ਰਿਕ ਹਮ ਚਾਤ੍ਰਿਕ ਦੀਨ ਹਰਿ ਪਾਸਿ ਬੇਨੰਤੀ ਰਾਮ ॥ ਗੁਰ ਮਿਲਿ ਗੁਰ ਮੇਲਿ ਮੇਰਾ ਪਿਆਰਾ ਹਮ ਸਤਿਗੁਰ ਕਰਹ ਭਗਤੀ ਰਾਮ ॥ ਹਰਿ ਹਰਿ ਸਤਿਗੁਰ ਕਰਹ ਭਗਤੀ ਜਾਂ ਹਰਿ ਪ੍ਰਭੁ ਕਿਰਪਾ ਧਾਰੇ ॥ ਮੈ ਗੁਰ ਬਿਨੁ ਅਵਰੁ ਨ ਕੋਈ ਬੇਲੀ ਗੁਰੁ ਸਤਿਗੁਰੁ ਪ੍ਰਾਣ ਹਮ੍ਾਰੇ ॥ ਕਹੁ ਨਾਨਕ ਗੁਰਿ ਨਾਮੁ ਦ੍ਰਿੜਾਇਆ ਹਰਿ ਹਰਿ ਨਾਮੁ ਹਰਿ ਸਤੀ ॥ ਹਮ ਚਾਤ੍ਰਿਕ ਹਮ ਚਾਤ੍ਰਿਕ ਦੀਨ ਹਰਿ ਪਾਸਿ ਬੇਨੰਤੀ ॥੪॥੩॥ {ਪੰਨਾ 574}

ਪਦਅਰਥ:- ਚਾਤ੍ਰਿਕ—ਪਪੀਹੇ । ਹਮ—ਅਸੀ । ਦੀਨ—ਨਿਮਾਣੇ । ਗੁਰ ਮਿਲਿ—ਗੁਰੂ ਨੂੰ ਮਿਲ ਕੇ

। ਮੇਲਿ—ਮਿਲਾ । ਕਰਹ—ਅਸੀ ਕਰੀਏ, ਮੈਂ ਕਰਾਂਗਾ । ਜਾਂ—ਜਦੋਂ । ਪ੍ਰਾਣ ਹਮਾਰੇ—ਮੇਰੀ ਜਿੰਦ । ਗੁਰਿ—ਗੁਰੂ ਨੇ । ਸਤੀ—ਸਤਿ, ਸਦਾ ਕਾਇਮ ਰਹਿਣ ਵਾਲਾ ।੪।

ਅਰਥ:- (ਹੇ ਭਾਈ! ਪਰਮਾਤਮਾ ਸਾਡਾ ਬੱਦਲ ਹੈ) ਅਸੀ ਨਿਮਾਣੇ ਪਪੀਹੇ ਹਾਂ (ਮੈਂ ਨਿਮਾਣਾ ਪਪੀਹਾ ਹਾਂ), ਮੈਂ ਨਿਮਾਣਾ ਪਪੀਹਾ ਹਾਂ), ਮੈਂ ਪਰਮਾਤਮਾ ਪਾਸ ਬੇਨਤੀ ਕਰਦਾ ਹਾਂ ਕਿ ਮੈਨੂੰ ਮੇਰਾ ਪਿਆਰਾ ਗੁਰੂ ਮਿਲਾ, ਗੁਰੂ ਸਤਿਗੁਰੂ ਨੂੰ ਮਿਲ ਕੇ ਮੈਂ ਪਰਮਾਤਮਾ ਦੀ ਭਗਤੀ ਕਰਾਂਗਾ । ਹੇ ਭਾਈ! ਗੁਰੂ ਨੂੰ ਮਿਲ ਕੇ ਪਰਮਾਤਮਾ ਦੀ ਭਗਤੀ ਅਸੀ ਤਦੋਂ ਹੀ ਕਰ ਸਕਦੇ ਹਾਂ ਜਦੋਂ ਪਰਮਾਤਮਾ ਕਿਰਪਾ ਕਰਦਾ ਹੈ । ਗੁਰੂ ਤੋਂ ਬਿਨਾ ਮੈਨੂੰ ਕੋਈ ਹੋਰ ਮਦਦਗਾਰ ਨਹੀਂ ਦਿੱਸਦਾ, ਗੁਰੂ ਹੀ ਮੇਰੀ ਜ਼ਿੰਦਗੀ (ਦਾ ਆਸਰਾ) ਹੈ ।

ਹੇ ਨਾਨਕ! ਆਖ—ਗੁਰੂ ਨੇ ਹੀ ਪਰਮਾਤਮਾ ਦਾ ਸਦਾ ਕਾਇਮ ਰਹਿਣ ਵਾਲਾ ਨਾਮ (ਮੇਰੇ) ਹਿਰਦੇ ਵਿਚ ਪੱਕਾ ਕੀਤਾ ਹੈ । ਮੈਂ ਪਪੀਹਾ ਹਾਂ (ਪਰਮਾਤਮਾ ਮੇਰਾ ਬੱਦਲ ਹੈ) ਮੈਂ ਪਰਮਾਤਮਾ ਪਾਸ ਬੇਨਤੀ ਕਰਦਾ ਹਾਂ (ਕਿ ਮੈਨੂੰ ਗੁਰੂ ਮਿਲਾ) ।੪।੩।

ਵਡਹੰਸੁ ਮਹਲਾ ੪ ॥ ਹਰਿ ਕਿਰਪਾ ਹਰਿ ਕਿਰਪਾ ਕਰਿ ਸਤਿਗੁਰੁ ਮੇਲਿ ਸੁਖਦਾਤਾ ਰਾਮ ॥ ਹਮ ਪੂਛਹ ਹਮ ਪੂਛਹ ਸਤਿਗੁਰ ਪਾਸਿ ਹਰਿ ਬਾਤਾ ਰਾਮ ॥ ਸਤਿਗੁਰ ਪਾਸਿ ਹਰਿ ਬਾਤ ਪੂਛਹ ਜਿਨਿ ਨਾਮੁ ਪਦਾਰਥੁ ਪਾਇਆ ॥ ਪਾਇ ਲਗਹ ਨਿਤ ਕਰਹ ਬਿਨੰਤੀ ਗੁਰਿ ਸਤਿਗੁਰਿ ਪੰਥੁ ਬਤਾਇਆ ॥ ਸੋਈ ਭਗਤੁ ਦੁਖੁ ਸੁਖੁ ਸਮਤੁ ਕਰਿ ਜਾਣੈ ਹਰਿ ਹਰਿ ਨਾਮਿ ਹਰਿ ਰਾਤਾ ॥ ਹਰਿ ਕਿਰਪਾ ਹਰਿ ਕਿਰਪਾ ਕਰਿ ਗੁਰੁ ਸਤਿਗੁਰੁ ਮੇਲਿ ਸੁਖਦਾਤਾ ॥੧॥
{ਪੰਨਾ 574}

ਪਦਅਰਥ:- ਹਰਿ—ਹੇ ਹਰੀ! ਮੇਲਿ—ਮਿਲਾ । ਸੁਖਦਾਤਾ—ਆਤਮਕ ਆਨੰਦ ਦੇਣ ਵਾਲਾ (ਗੁਰੂ) । ਹਮ ਪੂਛਹ—ਅਸੀ ਪੁੱਛਦੇ ਹਾਂ, ਮੈਂ ਪੁੱਛਾਂਗਾ । ਹਰਿ ਬਾਤਾ—ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀਆਂ ਗੱਲਾਂ । ਜਿਨਿ—ਜਿਸ (ਗੁਰੂ) ਨੇ । ਪਾਇ ਲਗਹ—ਅਸੀ ਪੈਰੀਂ ਲੱਗਦੇ ਹਾਂ, ਮੈਂ ਲੱਗਾਂਗਾ । ਕਰਹ—ਅਸੀ ਕਰਦੇ ਹਾਂ, ਮੈਂ ਕਰਾਂਗਾ । ਗੁਰਿ—ਗੁਰੂ ਨੇ । ਪੰਥੁ—(ਸਹੀ ਜੀਵਨ ਦਾ) ਰਸਤਾ । ਸੋਈ—ਉਹ (ਗੁਰੂ) ਹੀ । ਸਮਤੁ—ਇਕੋ ਜਿਹਾ, ਬਰਾਬਰ । ਨਾਮਿ—ਨਾਮ ਵਿਚ ।੧।

ਅਰਥ:- ਹੇ ਹਰੀ! ਮੇਹਰ ਕਰ, ਮੈਨੂੰ ਆਤਮਕ ਆਨੰਦ ਦੇਣ ਵਾਲਾ ਗੁਰੂ ਮਿਲਾ, ਮੈਂ ਗੁਰੂ ਪਾਸੋਂ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਪੁੱਛਿਆ ਕਰਾਂਗਾ । ਜਿਸ ਗੁਰੂ ਨੇ ਪਰਮਾਤਮਾ ਦਾ ਅਮੋਲਕ ਨਾਮ-ਰਤਨ ਹਾਸਲ ਕੀਤਾ ਹੋਇਆ ਹੈ ਉਸ ਗੁਰੂ ਪਾਸੋਂ ਮੈਂ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਪੁੱਛਿਆ ਕਰਾਂਗਾ । ਜਿਸ ਗੁਰੂ ਨੇ (ਕੁਰਾਹੇ ਪਏ ਜਗਤ ਨੂੰ ਜੀਵਨ ਦਾ ਸਹੀ) ਰਸਤਾ ਦੱਸਿਆ ਹੈ, ਮੈਂ ਉਸ ਗੁਰੂ ਦੀ ਸਦਾ ਚਰਨੀਂ ਲੱਗਾਂਗਾ, ਮੈਂ ਉਸ ਗੁਰੂ ਅੱਗੇ ਬੇਨਤੀ ਕਰਾਂਗਾ (ਕਿ ਮੈਨੂੰ ਭੀ ਜੀਵਨ-ਰਸਤਾ ਦੱਸ) ।

ਉਹ (ਗੁਰੂ) ਹੀ (ਅਸਲ) ਭਗਤ ਹੈ, ਗੁਰੂ ਦੁਖ ਤੇ ਸੁਖ ਨੂੰ ਇਕੋ ਜਿਹਾ ਕਰ ਕੇ ਜਾਣਦਾ ਹੈ, ਗੁਰੂ ਸਦਾ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗਿਆ ਰਹਿੰਦਾ ਹੈ । ਹੇ ਹਰੀ! ਮੇਹਰ ਕਰ, ਮੈਨੂੰ ਆਤਮਕ ਆਨੰਦ ਦੇਣ ਵਾਲਾ ਗੁਰੂ ਮਿਲਾ ।੧।

ਸੁਣਿ ਗੁਰਮੁਖਿ ਸੁਣਿ ਗੁਰਮੁਖਿ ਨਾਮਿ ਸਭਿ ਬਿਨਸੇ ਹੰਉਮੈ ਪਾਪਾ ਰਾਮ ॥ ਜਪਿ ਹਰਿ ਹਰਿ ਜਪਿ ਹਰਿ ਹਰਿ ਨਾਮੁ ਲਥਿਅੜੇ ਜਗਿ ਤਾਪਾ ਰਾਮ ॥ ਹਰਿ ਹਰਿ ਨਾਮੁ ਜਿਨੀ ਆਰਾਧਿਆ ਤਿਨ ਕੇ ਦੁਖ ਪਾਪ ਨਿਵਾਰੇ ॥ ਸਤਿਗੁਰਿ ਗਿਆਨ ਖੜਗੁ ਹਥਿ ਦੀਨਾ ਜਮਕੰਕਰ ਮਾਰਿ ਬਿਦਾਰੇ ॥ ਹਰਿ ਪ੍ਰਭਿ ਕ੍ਰਿਪਾ ਧਾਰੀ ਸੁਖਦਾਤੇ ਦੁਖ ਲਾਥੇ ਪਾਪ ਸੰਤਾਪਾ ॥ ਸੁਣਿ ਗੁਰਮੁਖਿ ਸੁਣਿ ਗੁਰਮੁਖਿ ਨਾਮੁ ਸਭਿ ਬਿਨਸੇ ਹੰਉਮੈ ਪਾਪਾ ॥੨॥ {ਪੰਨਾ 574}

ਪਦਅਰਥ:- ਗੁਰਮੁਖਿ—ਗੁਰੂ ਦੀ ਰਾਹੀਂ, ਗੁਰੂ ਦੀ ਸਰਨ ਪੈ ਕੇ । ਨਾਮਿ—ਨਾਮ ਦੀ ਰਾਹੀਂ । ਸਭਿ—ਸਾਰੇ । ਲਥਿਅੜੇ—ਲਹਿ ਗਏ । ਜਗਿ—ਜਗਤ ਵਿਚ । ਤਾਪਾ—ਦੁੱਖ-ਕਲੇਸ਼ । ਨਿਵਾਰੇ—ਦੂਰ ਕਰ ਦੇਂਦਾ ਹੈ । ਸਤਿਗੁਰਿ—ਗੁਰੂ ਨੇ । ਖੜਗੁ—ਖੰਡਾ, ਤਲਵਾਰ । ਹਥਿ—ਹੱਥ ਵਿਚ । ਕੰਕਰ—{ikÍkr} ਸੇਵਕ । ਮਾਰਿ—ਮਾਰ ਕੇ । ਬਿਦਾਰੇ—ਚੀਰ ਦਿੱਤੇ, ਨਾਸ ਕਰ ਦਿੱਤੇ । ਪ੍ਰਭਿ—ਪ੍ਰਭੂ ਨੇ । ਸੰਤਾਪਾ—ਕਲੇਸ਼ ।੨।

ਅਰਥ:- ਹੇ ਭਾਈ! ਗੁਰੂ ਦੀ ਸਰਨ ਪੈ ਕੇ (ਪਰਮਾਤਮਾ ਦਾ ਨਾਮ) ਸੁਣ, (ਜੇਹੜਾ ਮਨੁੱਖ ਨਾਮ ਸੁਣਦਾ ਹੈ) ਨਾਮ ਦੀ ਰਾਹੀਂ ਉਸ ਦੇ ਹਉਮੈ ਆਦਿਕ ਸਾਰੇ ਪਾਪ ਨਾਸ ਹੋ ਜਾਂਦੇ ਹਨ । ਹੇ ਭਾਈ! ਸਦਾ ਪਰਮਾਤਮਾ ਦਾ ਨਾਮ ਜਪਿਆ ਕਰ, ਜਗਤ ਵਿਚ (ਜਿਤਨੇ ਭੀ) ਦੁੱਖ-ਕਲੇਸ਼ (ਹਨ ਉਹ ਸਾਰੇ) ਲਹਿ ਜਾਂਦੇ ਹਨ ।

ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦਾ ਨਾਮ ਸਿਮਰਿਆ ਹੈ, (ਨਾਮ) ਉਹਨਾਂ ਦੇ ਸਾਰੇ ਦੁੱਖ ਪਾਪ ਦੂਰ ਕਰ ਦੇਂਦਾ ਹੈ । ਗੁਰੂ ਨੇ (ਜਿਸ ਮਨੁੱਖ ਦੇ) ਹੱਥ ਵਿਚ ਆਤਮਕ ਜੀਵਨ ਦੀ ਸੂਝ ਦਾ ਖੰਡਾ ਫੜਾ ਦਿੱਤਾ ਉਸ ਨੇ ਜਮਰਾਜ ਦੇ ਦੂਤ ਮਾਰ ਕੇ ਮੁਕਾ ਦਿੱਤੇ (ਮੌਤ ਦਾ, ਆਤਮਕ ਮੌਤ ਦਾ ਖ਼ਤਰਾ ਮੁਕਾ ਲਿਆ) ।

ਸੁਖਾਂ ਦੇ ਦਾਤੇ ਹਰੀ-ਪ੍ਰਭੂ ਨੇ ਜਿਸ ਮਨੁੱਖ ਉਤੇ ਮੇਹਰ ਕੀਤੀ, ਉਸ ਦੇ ਸਾਰੇ ਦੁੱਖ ਪਾਪ ਕਲੇਸ਼ ਲਹਿ ਗਏ । ਹੇ ਭਾਈ! ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਸੁਣਿਆ ਕਰ (ਜੇਹੜਾ ਸੁਣਦਾ ਹੈ ਉਸ ਦੇ) ਹਉਮੈ ਆਦਿਕ ਸਾਰੇ ਪਾਪ ਨਾਸ ਹੋ ਜਾਂਦੇ ਹਨ ।੨।

ਜਪਿ ਹਰਿ ਹਰਿ ਜਪਿ ਹਰਿ ਹਰਿ ਨਾਮੁ ਮੇਰੈ ਮਨਿ ਭਾਇਆ ਰਾਮ ॥ ਮੁਖਿ ਗੁਰਮੁਖਿ ਮੁਖਿ ਗੁਰਮੁਖਿ ਜਪਿ ਸਭਿ ਰੋਗ ਗਵਾਇਆ ਰਾਮ ॥ ਗੁਰਮੁਖਿ ਜਪਿ ਸਭਿ ਰੋਗ ਗਵਾਇਆ ਅਰੋਗਤ ਭਏ ਸਰੀਰਾ ॥ ਅਨਦਿਨੁ ਸਹਜ ਸਮਾਧਿ ਹਰਿ ਲਾਗੀ ਹਰਿ ਜਪਿਆ ਗਹਿਰ ਗੰਭੀਰਾ ॥ ਜਾਤਿ ਅਜਾਤਿ ਨਾਮੁ ਜਿਨ ਧਿਆਇਆ ਤਿਨ ਪਰਮ ਪਦਾਰਥੁ ਪਾਇਆ ॥ ਜਪਿ ਹਰਿ ਹਰਿ ਜਪਿ ਹਰਿ ਹਰਿ ਨਾਮੁ ਮੇਰੈ ਮਨਿ ਭਾਇਆ ॥੩॥ {ਪੰਨਾ 574}

ਪਦਅਰਥ:- ਮੇਰੈ ਮਨਿ—ਮੇਰੇ ਮਨ ਵਿਚ । ਭਾਇਆ—ਪਿਆਰਾ ਲੱਗ ਰਿਹਾ ਹੈ । ਮੁਖਿ—ਮੂੰਹ ਨਾਲ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਸਭਿ—ਸਾਰੇ । ਅਰੋਗਤ—ਨਰੋਆ । ਅਨਦਿਨੁ—ਹਰ ਰੋਜ਼, ਹਰ ਵੇਲੇ । ਸਹਜ—ਆਤਮਕ ਅਡੋਲਤਾ । ਗਹਿਰ—ਡੂੰਘਾ । ਗੰਭੀਰ—ਵੱਡੇ ਜਿਗਰੇ ਵਾਲਾ । ਅਜਾਤਿ—ਨੀਵੀਂ ਜਾਤਿ । ਪਰਮ—ਸਭ ਤੋਂ ਉੱਚਾ ।੩।

ਅਰਥ:- ਹੇ ਭਾਈ! ਸਦਾ ਪਰਮਾਤਮਾ ਦਾ ਨਾਮ ਜਪਿਆ ਕਰ, ਮੇਰੇ ਮਨ ਵਿਚ (ਤਾਂ) ਪਰਮਾਤਮਾ ਦਾ

ਨਾਮ ਪਿਆਰਾ ਲੱਗ ਰਿਹਾ ਹੈ । ਹੇ ਭਾਈ! ਗੁਰੂ ਦੀ ਸਰਨ ਪੈ ਕੇ ਮੂੰਹ ਨਾਲ ਹਰਿ-ਨਾਮ ਜਪਿਆ ਕਰ, ਇਹ ਹਰਿ-ਨਾਮ ਸਾਰੇ ਰੋਗ ਦੂਰ ਕਰ ਦੇਂਦਾ ਹੈ । ਗੁਰੂ ਦੀ ਰਾਹੀਂ ਹਰਿ-ਨਾਮ ਜਪਿਆ ਕਰ, ਇਹ ਹਰਿ-ਨਾਮ ਸਾਰੇ ਰੋਗ ਦੂਰ ਕਰ ਦੇਂਦਾ ਹੈ, ਸਰੀਰ ਨਰੋਆ ਹੋ ਜਾਂਦਾ ਹੈ । ਡੂੰਘੇ ਤੇ ਵੱਡੇ ਜਿਗਰੇ ਵਾਲੇ ਹਰੀ ਦਾ ਨਾਮ ਜਪਿਆਂ ਹਰ ਵੇਲੇ ਆਤਮਕ ਅਡੋਲਤਾ ਵਿਚ ਸੁਰਤਿ ਜੁੜੀ ਰਹਿੰਦੀ ਹੈ । ਉੱਚੀ ਜਾਤਿ ਦੇ ਹੋਣ ਚਾਹੇ ਨੀਵੀਂ ਜਾਤਿ ਦੇ, ਜਿਨ੍ਹਾਂ ਨੇ ਹਰੀ-ਨਾਮ ਸਿਮਰਿਆ ਹੈ ਉਹਨਾਂ ਨੇ ਇਹ ਸਭ ਤੋਂ ਸ੍ਰੇਸ਼ਟ (ਨਾਮ-) ਪਦਾਰਥ ਹਾਸਲ ਕਰ ਲਿਆ ਹੈ ।

ਹੇ ਭਾਈ! ਸਦਾ ਪਰਮਾਤਮਾ ਦਾ ਨਾਮ ਜਪਿਆ ਕਰ । ਮੇਰੇ ਮਨ ਵਿਚ (ਤਾਂ) ਪਰਮਾਤਮਾ ਦਾ ਨਾਮ ਪਿਆਰਾ ਲੱਗ ਰਿਹਾ ਹੈ ।੩।

ਹਰਿ ਧਾਰਹੁ ਹਰਿ ਧਾਰਹੁ ਕਿਰਪਾ ਕਰਿ ਕਿਰਪਾ ਲੇਹੁ ਉਬਾਰੇ ਰਾਮ ॥ ਹਮ ਪਾਪੀ ਹਮ ਪਾਪੀ ਨਿਰਗੁਣ ਦੀਨ ਤੁਮ੍ਾਰੇ ਰਾਮ ॥ ਹਮ ਪਾਪੀ ਨਿਰਗੁਣ ਦੀਨ ਤੁਮ੍ਾਰੇ ਹਰਿ ਦੈਆਲ ਸਰਣਾਇਆ ॥ ਤੂ ਦੁਖ ਭੰਜਨੁ ਸਰਬ ਸੁਖਦਾਤਾ ਹਮ ਪਾਥਰ ਤਰੇ ਤਰਾਇਆ ॥ ਸਤਿਗੁਰ ਭੇਟਿ ਰਾਮ ਰਸੁ ਪਾਇਆ ਜਨ ਨਾਨਕ ਨਾਮਿ ਉਧਾਰੇ ॥ ਹਰਿ ਧਾਰਹੁ ਹਰਿ ਧਾਰਹੁ ਕਿਰਪਾ ਕਰਿ ਕਿਰਪਾ ਲੇਹੁ ਉਬਾਰੇ ਰਾਮ ॥੪॥੪॥ {ਪੰਨਾ 575}

ਪਦਅਰਥ:- ਹਰਿ—ਹੇ ਹਰੀ! ਲੇਹੁ ਉਬਾਰੇ—ਉਬਾਰਿ ਲੇਹੁ, (ਵਿਕਾਰਾਂ ਤੋਂ) ਬਚਾ ਲੈ । ਨਿਰਗੁਣ—ਗੁਣ-ਹੀਨ । ਦੀਨ—ਆਜਿਜ਼ । ਦੈਆਲ—ਹੇ ਦਇਆ ਦੇ ਘਰ! ਦੁਖ ਭੰਜਨੁ—ਦੁਖਾਂ ਦਾ ਨਾਸ ਕਰਨ ਵਾਲਾ । ਪਾਥਰ—ਕਠੋਰ-ਚਿੱਤ । ਤਰਾਇਆ—ਤੇਰੇ ਤਾਰੇ ਹੋਏ । ਸਤਿਗੁਰ ਭੇਟਿ—ਗੁਰੂ ਨੂੰ ਮਿਲ ਕੇ । ਨਾਮਿ—ਨਾਮ ਨੇ । ਉਧਾਰੇ—ਪਾਰ ਲੰਘਾ ਲਿਆ ।੪।

ਅਰਥ:- ਹੇ ਹਰੀ! ਕਿਰਪਾ ਕਰ, (ਸਾਨੂੰ ਵਿਕਾਰਾਂ ਤੋਂ) ਬਚਾ ਲੈ । ਅਸੀ ਪਾਪੀ ਹਾਂ, ਗੁਣ-ਹੀਨ ਹਾਂ, ਆਜਿਜ਼ ਹਾਂ, (ਪਰ ਫਿਰ ਭੀ) ਤੇਰੇ ਹਾਂ । ਹੇ ਦਇਆ ਦੇ ਘਰ ਹਰੀ! ਅਸੀ ਵਿਕਾਰੀ ਹਾਂ, ਗੁਣਾਂ ਤੋਂ ਸੱਖਣੇ ਹਾਂ, (ਆਤਮਕ ਜੀਵਨ ਵਲੋਂ) ਕੰਗਾਲ ਹਾਂ, ਪਰ ਅਸੀ ਤੇਰੇ ਹਾਂ, ਤੇ, ਤੇਰੀ ਸਰਨ ਆਏ ਹਾਂ । ਤੂੰ ਦੁੱਖਾਂ ਦਾ ਨਾਸ ਕਰਨ ਵਾਲਾ ਹੈਂ, ਤੂੰ ਸਾਰੇ ਸੁਖ ਦੇਣ ਵਾਲਾ ਹੈਂ । ਅਸੀ ਕਠੋਰ-ਚਿੱਤ ਹਾਂ, ਤੇਰੇ ਤਰਾਏ ਹੋਏ ਹੀ ਤਰ ਸਕਦੇ ਹਾਂ ।

ਹੇ ਨਾਨਕ! (ਆਖ—) ਗੁਰੂ ਨੂੰ ਮਿਲ ਕੇ ਜਿਨ੍ਹਾਂ ਨੇ ਪਰਮਾਤਮਾ ਦੇ ਨਾਮ ਦਾ ਸੁਆਦ ਚੱਖਿਆ ਹੈ, ਉਹਨਾਂ ਨੂੰ ਹਰਿ-ਨਾਮ ਨੇ (ਵਿਕਾਰਾਂ ਵਿਚ ਡੁਬਦਿਆਂ ਨੂੰ) ਬਚਾ ਲਿਆ ਹੈ । ਹੇ ਹਰੀ! ਕਿਰਪਾ ਕਰ, (ਸਾਨੂੰ ਵਿਕਾਰਾਂ ਤੋਂ) ਬਚਾ ਲੈ ।੪।੪।

ਵਡਹੰਸੁ ਮਹਲਾ ੪ ਘੋੜੀਆ ੴ ਸਤਿਗੁਰ ਪ੍ਰਸਾਦਿ ॥ ਦੇਹ ਤੇਜਣਿ ਜੀ ਰਾਮਿ ਉਪਾਈਆ ਰਾਮ ॥ ਧੰਨੁ ਮਾਣਸ ਜਨਮੁ ਪੁੰਨਿ ਪਾਈਆ ਰਾਮ ॥ ਮਾਣਸ ਜਨਮੁ ਵਡ ਪੁੰਨੇ ਪਾਇਆ ਦੇਹ ਸੁ ਕੰਚਨ ਚੰਗੜੀਆ ॥ ਗੁਰਮੁਖਿ ਰੰਗੁ ਚਲੂਲਾ ਪਾਵੈ ਹਰਿ ਹਰਿ ਹਰਿ ਨਵ ਰੰਗੜੀਆ ॥ ਏਹ ਦੇਹ ਸੁ ਬਾਂਕੀ ਜਿਤੁ ਹਰਿ ਜਾਪੀ ਹਰਿ ਹਰਿ ਨਾਮਿ ਸੁਹਾਵੀਆ ॥ ਵਡਭਾਗੀ ਪਾਈ ਨਾਮੁ ਸਖਾਈ ਜਨ ਨਾਨਕ ਰਾਮਿ ਉਪਾਈਆ ॥੧॥ {ਪੰਨਾ 575}

ਘੋੜੀਆ—ਘੋੜੀਆਂ । ਜਦੋਂ ਲਾੜਾ ਘਰੋਂ ਵਿਆਹੁਣ ਤੁਰਦਾ ਹੈ, ਘੋੜੀ ਤੇ ਚੜ੍ਹਦਾ ਹੈ, ਤਦੋਂ ਉਸ ਦੀਆਂ ਭੈਣਾਂ ਘੋੜੀ ਦੀ ਵਾਗ ਫੜ ਕੇ ਗੀਤ ਗਾਂਦੀਆਂ ਹਨ । ਉਹ ਗੀਤ 'ਘੋੜੀਆਂ' ਅਖਵਾਂਦੇ ਹਨ । ਗੁਰੂ ਰਾਮਦਾਸ ਜੀ ਨੇ ਇਹ ਦੋ 'ਛੰਤ' ਉਹਨਾਂ ਗੀਤਾਂ 'ਘੋੜੀਆਂ' ਦੀ ਚਾਲ ਤੇ ਲਿਖੇ ਹਨ, ਤੇ, ਇਹਨਾਂ ਛੰਤਾਂ ਦਾ ਸਿਰਲੇਖ ਭੀ "ਘੋੜੀਆ" ਹੀ ਲਿਖਿਆ ਹੈ ।

ਪਦਅਰਥ:- ਦੇਹ—ਸਰੀਰ, ਮਨੁੱਖਾ ਸਰੀਰ । ਤੇਜਣਿ—ਘੋੜੀ । ਰਾਮਿ—ਰਾਮ ਨੇ, ਪਰਮਾਤਮਾ ਨੇ । ਉਪਾਈਆ—ਉਪਾਈ, ਪੈਦਾ ਕੀਤੀ ਹੈ । ਧੰਨੁ—ਭਾਗਾਂ ਵਾਲਾ । ਪੁੰਨਿ—ਚੰਗੀ ਕਿਸਮਤਿ ਨਾਲ । ਪਾਈਆ—ਪਾਈ ਹੈ, ਲੱਭੀ ਹੈ (ਇਹ ਦੇਹ) । ਵਡ ਪੁੰਨੇ—ਵੱਡੀ ਕਿਸਮਤਿ ਨਾਲ । ਦੇਹ—ਕਾਂਇਆਂ । ਕੰਚਨ—ਸੋਨਾ । ਗੁਰਮੁਖਿ—ਗੁਰੂ ਦੀ ਰਾਹੀਂ । ਚਲੂਲਾ—ਗੂੜ੍ਹਾ । ਨਵ ਰੰਗੜੀਆ—ਨਵੇਂ ਰੰਗ ਨਾਲ ਰੰਗੀ ਗਈ । ਬਾਂਕੀ—ਸੋਹਣੀ । ਜਿਤੁ—ਜਿਸ ਦੀ ਬਰਕਤਿ ਨਾਲ । ਜਾਪੀ—ਜਾਪੀਂ, ਮੈਂ ਜਪ ਸਕਦਾ ਹਾਂ । ਨਾਮਿ—ਨਾਮ ਦੀ ਰਾਹੀਂ । ਪਾਈ—ਲੱਭੀ (ਇਹ ਦੇਹ) । ਸਖਾਈ—ਸਾਥੀ ।੧।

ਅਰਥ:- ਹੇ ਭਾਈ! (ਮਨੁੱਖ ਦੀ) ਇਹ ਕਾਂਇਆਂ (ਮਾਨੋ) ਘੋੜੀ ਹੈ (ਇਸ ਨੂੰ) ਪਰਮਾਤਮਾ ਨੇ ਪੈਦਾ ਕੀਤਾ ਹੈ । ਮਨੁੱਖਾ ਜਨਮ ਭਾਗਾਂ ਵਾਲਾ ਹੈ (ਜਿਸ ਵਿਚ ਇਹ ਕਾਂਇਆਂ ਮਿਲਦੀ ਹੈ) ਚੰਗੀ ਕਿਸਮਤਿ ਨਾਲ ਹੀ (ਜੀਵ ਨੇ ਇਹ ਕਾਂਇਆਂ) ਲੱਭੀ ਹੈ । ਹੇ ਭਾਈ! ਮਨੁੱਖਾ ਜਨਮ ਵੱਡੀ ਕਿਸਮਤਿ ਨਾਲ ਹੀ ਲੱਭਦਾ ਹੈ । ਪਰ ਉਸੇ ਮਨੁੱਖ ਦੀ ਕਾਂਇਆਂ ਸੋਨੇ ਵਰਗੀ ਹੈ ਤੇ ਸੋਹਣੀ ਹੈ, ਜੇਹੜਾ ਗੁਰੂ ਦੀ ਸਰਨ ਪੈ ਕੇ ਹਰਿ-ਨਾਮ ਦਾ ਗੂੜ੍ਹਾ ਰੰਗ ਹਾਸਲ ਕਰਦਾ ਹੈ, ਉਸ ਮਨੁੱਖ ਦੀ ਕਾਂਇਆਂ ਹਰਿ-ਨਾਮ ਦੇ ਨਵੇਂ ਰੰਗ ਨਾਲ ਰੰਗੀ ਜਾਂਦੀ ਹੈ ।

ਹੇ ਭਾਈ! ਇਹ ਕਾਂਇਆਂ ਸੋਹਣੀ ਹੈ ਕਿਉਂਕਿ ਇਸ ਕਾਂਇਆਂ ਨਾਲ ਮੈਂ ਪਰਮਾਤਮਾ ਦਾ ਨਾਮ ਜਪ ਸਕਦਾ ਹਾਂ, ਹਰਿ-ਨਾਮ ਦੀ ਬਰਕਤਿ ਨਾਲ ਇਹ ਕਾਂਇਆਂ ਸੋਹਣੀ ਬਣ ਜਾਂਦੀ ਹੈ । ਹੇ ਭਾਈ! ਉਸੇ ਵੱਡੇ ਭਾਗਾਂ ਵਾਲੇ ਮਨੁੱਖ ਨੇ ਹੀ ਇਹ ਕਾਂਇਆਂ ਪ੍ਰਾਪਤ ਕੀਤੀ ਸਮਝ, ਪਰਮਾਤਮਾ ਦਾ ਨਾਮ ਜਿਸ ਮਨੁੱਖ ਦਾ ਮਿੱਤਰ ਬਣ ਜਾਂਦਾ ਹੈ । ਹੇ ਦਾਸ ਨਾਨਕ! (ਨਾਮ ਸਿਮਰਨ ਵਾਸਤੇ ਹੀ ਇਹ ਕਾਂਇਆਂ) ਪਰਮਾਤਮਾ ਨੇ ਪੈਦਾ ਕੀਤੀ ਹੈ ।੧।

ਦੇਹ ਪਾਵਉ ਜੀਨੁ ਬੁਝਿ ਚੰਗਾ ਰਾਮ ॥ ਚੜਿ ਲੰਘਾ ਜੀ ਬਿਖਮੁ ਭੁਇਅੰਗਾ ਰਾਮ ॥ ਬਿਖਮੁ ਭੁਇਅੰਗਾ ਅਨਤ ਤਰੰਗਾ ਗੁਰਮੁਖਿ ਪਾਰਿ ਲੰਘਾਏ ॥ ਹਰਿ ਬੋਹਿਥਿ ਚੜਿ ਵਡਭਾਗੀ ਲੰਘੈ ਗੁਰੁ ਖੇਵਟੁ ਸਬਦਿ ਤਰਾਏ ॥ ਅਨਦਿਨੁ ਹਰਿ ਰੰਗਿ ਹਰਿ ਗੁਣ ਗਾਵੈ ਹਰਿ ਰੰਗੀ ਹਰਿ ਰੰਗਾ ॥ ਜਨ ਨਾਨਕ ਨਿਰਬਾਣ ਪਦੁ ਪਾਇਆ ਹਰਿ ਉਤਮੁ ਹਰਿ ਪਦੁ ਚੰਗਾ ॥੨॥ {ਪੰਨਾ 575}

ਪਦਅਰਥ:- ਜੀਨੁ—ਜੀਨ, ਕਾਠੀ । ਪਾਵਉ—ਪਾਵਉਂ, ਮੈਂ ਪਾਂਦਾ ਹਾਂ । ਬੁਝਿ—ਸਮਝ ਕੇ, ਪਰਖ ਕੇ । ਚੰਗਾ—ਚੰਗਿਆਈਆਂ, ਗੁਣ । ਚੜਿ—ਚੜ੍ਹ ਕੇ । ਲੰਘਾ—ਲੰਘਾਂ, ਮੈਂ ਲੰਘਦਾ ਹਾਂ । ਜੀ—ਹੇ ਭਾਈ! ਬਿਖਮੁ—ਔਖਾ । ਭੁਇਅੰਗਾ—ਸੰਸਾਰ-ਸਮੁੰਦਰ {ਭੁਇ-ਅੰਗ—ਧਰਤੀ ਦਾ ਅੰਗ} । ਅਨਤ ਤਰੰਗਾ—ਬੇਅੰਤ ਲਹਿਰਾਂ ਵਾਲਾ । ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ । ਬੋਹਿਥਿ—ਜਹਾਜ਼ ਵਿਚ । ਖੇਵਟੁ—ਮਲਾਹ । ਸਬਦਿ—ਸ਼ਬਦ ਦੀ ਰਾਹੀਂ । ਰੰਗਿ—ਰੰਗ ਵਿਚ । ਅਨਦਿਨੁ—ਹਰ ਰੋਜ਼ । ਰੰਗੀ—ਰੰਗ ਵਾਲਾ । ਨਿਰਬਾਣ—ਵਾਸਨਾ-ਰਹਿਤ । ਪਦ—ਦਰਜਾ ।੨।

ਅਰਥ:- ਹੇ ਭਾਈ! ਪਰਮਾਤਮਾ ਦੇ ਗੁਣਾਂ ਨੂੰ ਵਿਚਾਰ ਕੇ ਮੈਂ (ਆਪਣੇ ਸਰੀਰ-ਘੋੜੀ ਉਤੇ, ਸਿਫ਼ਤਿ-

ਸਾਲਾਹ ਦੀ) ਕਾਠੀ ਪਾਂਦਾ ਹਾਂ, (ਉਸ ਕਾਠੀ ਵਾਲੀ ਘੋੜੀ ਉਤੇ) ਚੜ੍ਹ ਕੇ (ਕਾਂਇਆਂ ਨੂੰ ਵੱਸ ਵਿਚ ਕਰ ਕੇ) ਮੈਂ ਇਸ ਔਖੇ (ਤਰੇ ਜਾਣ ਵਾਲੇ) ਸੰਸਾਰ-ਸਮੁੰਦਰ ਤੋਂ ਪਾਰ ਲੰਘਦਾ ਹਾਂ ।

(ਹੇ ਭਾਈ! ਕੋਈ ਵਿਰਲਾ) ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਹੀ) ਇਸ ਔਖੇ ਸੰਸਾਰ-ਸਮੁੰਦਰ ਤੋਂ ਪਾਰ ਲੰਘਾਂਦਾ ਹੈ (ਕਿਉਂਕਿ ਇਸ ਵਿਚ ਵਿਕਾਰਾਂ ਦੀਆਂ) ਬੇਅੰਤ ਲਹਿਰਾਂ ਪੈ ਰਹੀਆਂ ਹਨ । ਕੋਈ ਵਿਰਲਾ ਵੱਡੇ ਭਾਗਾਂ ਵਾਲਾ ਮਨੁੱਖ ਹਰਿ-ਨਾਮ ਦੇ ਜਹਾਜ਼ ਵਿਚ ਚੜ੍ਹ ਕੇ ਪਾਰ ਲੰਘਦਾ ਹੈ, ਗੁਰੂ-ਮਲਾਹ ਆਪਣੇ ਸ਼ਬਦ ਵਿਚ ਜੋੜ ਕੇ ਪਾਰ ਲੰਘਾ ਲੈਂਦਾ ਹੈ ।

ਹੇ ਨਾਨਕ! ਜੇਹੜਾ ਮਨੁੱਖ ਹਰ ਵੇਲੇ ਪਰਮਾਤਮਾ ਦੇ ਪ੍ਰੇਮ-ਰੰਗ ਵਿਚ (ਟਿਕ ਕੇ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦਾ ਰਹਿੰਦਾ ਹੈ, ਉਹ ਹਰਿ ਨਾਮ-ਰੰਗ ਵਿਚ ਰੰਗਿਆ ਜਾਂਦਾ ਹੈ, ਉਹ ਮਨੁੱਖ ਉਹ ਉੱਚਾ ਤੇ ਸੁੱਚਾ ਆਤਮਕ ਦਰਜਾ ਹਾਸਲ ਕਰ ਲੈਂਦਾ ਹੈ ਜਿਥੇ ਵਾਸਨਾ ਪੋਹ ਨਹੀਂ ਸਕਦੀ ।੨।

ਕੜੀਆਲੁ ਮੁਖੇ ਗੁਰਿ ਗਿਆਨੁ ਦ੍ਰਿੜਾਇਆ ਰਾਮ ॥ ਤਨਿ ਪ੍ਰੇਮੁ ਹਰਿ ਚਾਬਕੁ ਲਾਇਆ ਰਾਮ ॥ ਤਨਿ ਪ੍ਰੇਮੁ ਹਰਿ ਹਰਿ ਲਾਇ ਚਾਬਕੁ ਮਨੁ ਜਿਣੈ ਗੁਰਮੁਖਿ ਜੀਤਿਆ ॥ ਅਘੜੋ ਘੜਾਵੈ ਸਬਦੁ ਪਾਵੈ ਅਪਿਉ ਹਰਿ ਰਸੁ ਪੀਤਿਆ ॥ ਸੁਣਿ ਸ੍ਰਵਣ ਬਾਣੀ ਗੁਰਿ ਵਖਾਣੀ ਹਰਿ ਰੰਗੁ ਤੁਰੀ ਚੜਾਇਆ ॥ ਮਹਾ ਮਾਰਗੁ ਪੰਥੁ ਬਿਖੜਾ ਜਨ ਨਾਨਕ ਪਾਰਿ ਲੰਘਾਇਆ ॥੩॥ {ਪੰਨਾ 575}

ਪਦਅਰਥ:- ਕੜੀਆਲੁ—ਲਗਾਮ । ਮੁਖੇ—ਮੁਖਿ, (ਕਾਂਇਆਂ-ਘੋੜੀ ਦੇ) ਮੂੰਹ ਵਿਚ । ਗੁਰਿ—ਗੁਰੂ ਨੇ । ਗਿਆਨੁ—ਆਤਮਕ ਜੀਵਨ ਦੀ ਸੂਝ । ਦ੍ਰਿੜਾਇਆ—ਹਿਰਦੇ ਵਿਚ ਪੱਕਾ ਕਰ ਦਿੱਤਾ ਹੈ । ਤਨਿ—ਸਰੀਰ ਵਿਚ, ਹਿਰਦੇ ਵਿਚ । ਲਾਇ—ਲਾਂਦਾ ਹੈ । ਜਿਣੈ—ਜਿੱਤਦਾ ਹੈ । ਗੁਰਮੁਖਿ—ਗੁਰੂ ਦੀ ਰਾਹੀਂ । ਜੀਤਿਆ—ਜਿੱਤਿਆ ਜਾ ਸਕਦਾ ਹੈ । ਅਘੜੋ—ਅਘੜੁ, ਨਾਹ ਘੜਿਆ ਹੋਇਆ, ਅੱਲ੍ਹੜ (ਮਨ) । ਘੜਾਵੈ—(ਜਾਤ, ਧੀਰਜ ਆਦਿਕ ਦੀ ਕੁਠਾਲੀ ਵਿਚ) ਘੜਦਾ ਹੈ । ਅਪਿਉ—ਅੰਮ੍ਰਿਤ, ਆਤਮਕ ਜੀਵਨ ਦੇਣ ਵਾਲਾ । ਸੁਣਿ—ਸੁਣ ਕੇ । ਸ੍ਰਵਣ—ਕੰਨਾਂ ਨਾਲ । ਤੁਰੀ—(ਕਾਂਇਆਂ) ਘੋੜੀ । ਤੁਰੀ ਚੜਾਇਆ—(ਕਾਂਇਆਂ) ਘੋੜੀ ਉੱਤੇ ਸਵਾਰ ਹੁੰਦਾ ਹੈ, ਕਾਂਇਆਂ ਨੂੰ ਵੱਸ ਕਰਦਾ ਹੈ । ਮਾਰਗੁ—ਰਸਤਾ । ਪੰਥੁ—ਰਸਤਾ । ਬਿਖੜਾ—ਔਖਾ ।੩।

ਅਰਥ:- ਜਿਸ ਮਨੁੱਖ ਦੇ ਹਿਰਦੇ ਵਿਚ ਗੁਰੂ ਨੇ ਆਤਮਕ ਜੀਵਨ ਦੀ ਸੂਝ ਪੱਕੀ ਕਰ ਦਿੱਤੀ, ਉਸ ਨੇ ਇਹ ਸੂਝ (ਆਪਣੀ ਕਾਂਇਆਂ-ਘੋੜੀ ਦੇ) ਮੂੰਹ ਵਿਚ (ਮਾਨੋ) ਲਗਾਮ ਦੇ ਦਿੱਤੀ ਹੈ । ਉਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਪਿਆਰ ਪੈਦਾ ਹੁੰਦਾ ਹੈ, ਇਹ ਪਿਆਰ ਉਹ ਮਨੁੱਖ ਆਪਣੀ ਕਾਂਇਆਂ-ਘੋੜੀ ਨੂੰ (ਮਾਨੋ) ਚਾਬੁਕ ਮਾਰਦਾ ਰਹਿੰਦਾ ਹੈ । ਹਿਰਦੇ ਵਿਚ ਪੈਦਾ ਹੋਇਆ ਹਰਿ-ਨਾਮ ਦਾ ਪ੍ਰੇਮ ਉਹ ਮਨੁੱਖ ਆਪਣੀ ਕਾਂਇਆਂ-ਘੋੜੀ ਨੂੰ ਚਾਬੁਕ ਮਾਰਦਾ ਰਹਿੰਦਾ ਹੈ, ਤੇ, ਆਪਣੇ ਮਨ ਨੂੰ ਵੱਸ ਵਿਚ ਕਰੀ ਰੱਖਦਾ ਹੈ । ਪਰ, ਇਹ ਮਨ ਗੁਰੂ ਦੀ ਸਰਨ ਪਿਆਂ ਹੀ ਜਿੱਤਿਆ ਜਾ ਸਕਦਾ ਹੈ । ਉਹ ਮਨੁੱਖ ਗੁਰੂ ਦਾ ਸ਼ਬਦ ਪ੍ਰਾਪਤ ਕਰਦਾ ਹੈ, ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ-ਰਸ ਪੀਂਦਾ ਰਹਿੰਦਾ ਹੈ, ਤੇ (ਜਤ, ਧੀਰਜ ਆਦਿਕ ਦੀ ਕੁਠਾਲੀ ਵਿਚ) ਅੱਲ੍ਹੜ ਮਨ ਨੂੰ ਘੜ ਲੈਂਦਾ ਹੈ (ਸੁਚੱਜਾ ਬਣਾ ਲੈਂਦਾ ਹੈ) । ਗੁਰੂ ਦੀ ਜਿਹੜੀ ਬਾਣੀ ਉਚਾਰੀ ਹੋਈ ਹੈ ਇਸ ਨੂੰ ਆਪਣੇ ਕੰਨਾਂ ਨਾਲ ਸੁਣ ਕੇ (ਭਾਵ, ਗਹੁ ਨਾਲ ਸੁਣ

ਕੇ ਉਹ ਮਨੁੱਖ ਆਪਣੇ ਅੰਦਰ) ਪਰਮਾਤਮਾ ਦਾ ਪਿਆਰ ਪੈਦਾ ਕਰਦਾ ਹੈ, ਤੇ ਇਸ ਤਰ੍ਹਾਂ ਕਾਂਇਆਂ-ਘੋੜੀ ਉਤੇ ਸਵਾਰ ਹੁੰਦਾ ਹੈ (ਕਾਂਇਆਂ ਨੂੰ ਵੱਸ ਕਰਦਾ ਹੈ) । ਹੇ ਦਾਸ ਨਾਨਕ! (ਇਹ ਮਨੁੱਖਾ ਜੀਵਨ) ਬੜਾ ਔਖਾ ਪੈਂਡਾ ਹੈ, (ਗੁਰੂ ਸਰਨ ਪਏ ਮਨੁੱਖ ਨੂੰ) ਪਾਰ ਲੰਘਾ ਲੈਂਦਾ ਹੈ ।੩।

ਘੋੜੀ ਤੇਜਣਿ ਦੇਹ ਰਾਮਿ ਉਪਾਈਆ ਰਾਮ ॥ ਜਿਤੁ ਹਰਿ ਪ੍ਰਭੁ ਜਾਪੈ ਸਾ ਧਨੁ ਧੰਨੁ ਤੁਖਾਈਆ ਰਾਮ ॥ ਜਿਤੁ ਹਰਿ ਪ੍ਰਭੁ ਜਾਪੈ ਸਾ ਧੰਨੁ ਸਾਬਾਸੈ ਧੁਰਿ ਪਾਇਆ ਕਿਰਤੁ ਜੁੜੰਦਾ ॥ ਚੜਿ ਦੇਹੜਿ ਘੋੜੀ ਬਿਖਮੁ ਲਘਾਏ ਮਿਲੁ ਗੁਰਮੁਖਿ ਪਰਮਾਨੰਦਾ ॥ ਹਰਿ ਹਰਿ ਕਾਜੁ ਰਚਾਇਆ ਪੂਰੈ ਮਿਲਿ ਸੰਤ ਜਨਾ ਜੰਞ ਆਈ ॥ ਜਨ ਨਾਨਕ ਹਰਿ ਵਰੁ ਪਾਇਆ ਮੰਗਲੁ ਮਿਲਿ ਸੰਤ ਜਨਾ ਵਾਧਾਈ ॥੪॥੧॥੫॥ {ਪੰਨਾ 575}

ਪਦਅਰਥ:- ਤੇਜਣਿ—ਘੋੜੀ । ਦੇਹ—ਸਰੀਰ, ਕਾਂਇਆਂ । ਰਾਮਿ—ਰਾਮ ਨੇ । ਜਿਤੁ—ਜਿਸ (ਕਾਂਇਆਂ) ਦੀ ਰਾਹੀਂ । ਜਾਪੈ—ਜਪਦਾ ਹੈ । ਸਾ—ਉਹ (ਕਾਂਇਆਂ) । ਧਨੁ ਧੰਨੁ—ਭਾਗਾਂ ਵਾਲੀ । ਤੁਖਾਈਆ—{qw˜I} ਤੁਖਾਈ, ਘੋੜੀ । ਧੁਰਿ—ਧੁਰ ਦਰਗਾਹ ਤੋਂ । ਕਿਰਤੁ—ਪਿਛਲੇ ਕੀਤੇ ਕਰਮਾਂ ਦਾ ਸੰਸਕਾਰ । ਜੁੜੰਦਾ—ਇਕੱਠਾ ਹੋਇਆ ਹੋਇਆ । ਕਿਰਤੁ ਜੁੜੰਦਾ—ਪਿਛਲੇ ਕੀਤੇ ਕਰਮਾਂ ਦੇ ਇਕੱਠੇ ਹੋਏ ਸੰਸਕਾਰ । ਦੇਹੜਿ—ਸੋਹਣੀ ਦੇਹ, ਸੋਹਣੀ ਕਾਂਇਆਂ । ਬਿਖਮੁ—ਔਖਾ (ਸੰਸਾਰ-ਸਮੁੰਦਰ) । ਗੁਰਮੁਖਿ—ਗੁਰੂ ਦੀ ਰਾਹੀਂ । ਪਰਮਾਨੰਦਾ—ਪਰਮ ਆਨੰਦ ਦਾ ਮਾਲਕ ਪ੍ਰਭੂ । ਹਰਿ ਪੂਰੈ—ਪੂਰੇ ਹਰੀ ਨੇ । ਮਿਲਿ—ਮਿਲ ਕੇ (ਲਫ਼ਜ਼ 'ਮਿਲੁ' ਅਤੇ 'ਮਿਲਿ' ਦਾ ਫ਼ਰਕ ਵੇਖੋ} । ਵਰੁ—ਖਸਮ । ਕਾਜੁ—ਵਿਆਹ ਦਾ ਕੰਮ । ਮੰਗਲੁ—ਖ਼ੁਸ਼ੀ ।

ਅਰਥ:- ਹੇ ਭਾਈ! ਇਹ ਮਨੁੱਖਾ ਸਰੀਰ-ਘੋੜੀ ਪਰਮਾਤਮਾ ਨੇ ਪੈਦਾ ਕੀਤੀ ਹੈ (ਕਿ ਇਸ ਘੋੜੀ ਉਤੇ ਚੜ੍ਹ ਕੇ ਜੀਵ ਜੀਵਨ-ਸਫ਼ਰ ਨੂੰ ਸਫਲਤਾ ਨਾਲ ਤੈ ਕਰੇ, ਸੋ) ਜਿਸ (ਸਰੀਰ-ਘੋੜੀ) ਦੀ ਰਾਹੀਂ ਮਨੁੱਖ ਪਰਮਾਤਮਾ ਦਾ ਨਾਮ ਜਪਦਾ ਹੈ, ਉਹ ਧੰਨ ਹੈ, ਉਸ ਨੂੰ ਸ਼ਾਬਾਸ਼ ਮਿਲਦੀ ਹੈ, (ਇਸ ਦੀ ਰਾਹੀਂ) ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਦਾ ਇਕੱਠ ਉੱਘੜ ਪੈਂਦਾ ਹੈ ।

ਹੇ ਭਾਈ! ਇਸ ਸੋਹਣੀ ਕਾਂਇਆਂ-ਘੋੜੀ ਉਤੇ ਚੜ੍ਹ, (ਇਹ ਘੋੜੀ) ਔਖੇ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦੀ ਹੈ, (ਇਸ ਦੀ ਰਾਹੀਂ) ਗੁਰੂ ਦੀ ਸਰਨ ਪੈ ਕੇ ਪਰਮ ਆਨੰਦ ਦੇ ਮਾਲਕ ਪਰਮਾਤਮਾ ਨੂੰ ਮਿਲ ।

ਪੂਰਨ ਪਰਮਾਤਮਾ ਨੇ ਜਿਸ ਜੀਵ-ਇਸਤ੍ਰੀ ਦਾ ਵਿਆਹ ਰਚਾ ਦਿੱਤਾ (ਜਿਸ ਜਿੰਦ-ਵਹੁਟੀ ਨੂੰ ਆਪਣੇ ਨਾਲ ਮਿਲਾਣ ਦਾ ਢੋ ਢੁਕਾ ਦਿੱਤਾ), ਸਤ ਸੰਗੀਆਂ ਨਾਲ ਮਿਲ ਕੇ (ਮਾਨੋ, ਉਸ ਦੀ) ਜੰਞ ਆ ਗਈ । ਹੇ ਦਾਸ ਨਾਨਕ! ਸੰਤ ਜਨਾਂ ਨੂੰ ਮਿਲ ਕੇ ਉਸ ਜੀਵ-ਇਸਤ੍ਰੀ ਨੇ ਪ੍ਰਭੂ-ਪਤੀ (ਦਾ ਮਿਲਾਪ) ਹਾਸਲ ਕਰ ਲਿਆ, ਉਸ ਨੇ ਆਤਮਕ ਆਨੰਦ ਲੱਭ ਲਿਆ, ਉਸ ਦੇ ਅੰਦਰ ਆਤਮਕ ਸ਼ਾਦੀਆਨੇ ਵੱਜ ਪਏ ।੪।੧।੫।

ਵਡਹੰਸੁ ਮਹਲਾ ੪ ॥ ਦੇਹ ਤੇਜਨੜੀ ਹਰਿ ਨਵ ਰੰਗੀਆ ਰਾਮ ॥ ਗੁਰ ਗਿਆਨੁ ਗੁਰੂ ਹਰਿ ਮੰਗੀਆ ਰਾਮ ॥ ਗਿਆਨ ਮੰਗੀ ਹਰਿ ਕਥਾ ਚੰਗੀ ਹਰਿ ਨਾਮੁ ਗਤਿ ਮਿਤਿ ਜਾਣੀਆ ॥ ਸਭੁ ਜਨਮੁ ਸਫਲਿਉ ਕੀਆ ਕਰਤੈ ਹਰਿ ਰਾਮ ਨਾਮਿ ਵਖਾਣੀਆ ॥ ਹਰਿ ਰਾਮ ਨਾਮੁ

ਸਲਾਹਿ ਹਰਿ ਪ੍ਰਭ ਹਰਿ ਭਗਤਿ ਹਰਿ ਜਨ ਮੰਗੀਆ ॥ ਜਨੁ ਕਹੈ ਨਾਨਕੁ ਸੁਣਹੁ ਸੰਤਹੁ ਹਰਿ ਭਗਤਿ ਗੋਵਿੰਦ ਚੰਗੀਆ ॥੧॥ {ਪੰਨਾ 575-576}

ਪਦਅਰਥ:- ਤੇਜਨੜੀ—ਸੋਹਣੀ ਤੇਜਣਿ, ਸੋਹਣੀ ਘੋੜੀ । ਨਵ ਰੰਗੀਆ—ਨਵੇਂ ਰੰਗ ਵਾਲੀ । ਚੰਗੀ—ਸੁੰਦਰ । ਗਤਿ—ਉੱਚੀ ਆਤਮਕ ਅਵਸਥਾ । ਮਿਤਿ—ਮਰਯਾਦਾ, ਮਾਪ । ਕਰਤੈ—ਕਰਤਾਰ ਨੇ । ਨਾਮਿ—ਨਾਮ ਵਿਚ । ਵਖਾਣੀਆ—ਉਚਾਰੀ । ਸਲਾਹਿ—ਸਲਾਹ ਕੇ । ਹਰਿ ਜਨ—ਹਰੀ ਦੇ ਭਗਤ ।੧।

ਅਰਥ:- ਹੇ ਭਾਈ ਉਹ ਕਾਂਇਆਂ ਸੋਹਣੀ ਘੋੜੀ ਹੈ (ਜੀਵ-ਰਾਹੀ ਦੇ ਜੀਵਨ-ਸਫਰ ਵਾਸਤੇ ਚੰਗੀ ਘੋੜੀ ਹੈ) ਜੋ ਪਰਮਾਤਮਾ ਦੇ ਪ੍ਰੇਮ ਦੇ ਨਵੇਂ ਰੰਗ ਵਿਚ ਰੰਗੀ ਰਹਿੰਦੀ ਹੈ, ਜੋ ਗੁਰੂ ਪਾਸੋਂ ਆਤਮਕ ਜੀਵਨ ਦੀ ਸ੍ਰੇਸ਼ਟ ਸੂਝ ਮੰਗਦੀ ਰਹਿੰਦੀ ਹੈ, ਜੋ (ਗੁਰੂ ਪਾਸੋਂ) ਆਤਮਕ ਜੀਵਨ ਦੀ ਸੂਝ ਮੰਗਦੀ ਹੈ, ਪਰਮਾਤਮਾ ਦੀ ਸੋਹਣੀ ਸਿਫ਼ਤਿ-ਸਾਲਾਹ ਕਰਦੀ ਹੈ, ਪਰਮਾਤਮਾ ਦਾ ਨਾਮ ਜਪਦੀ ਹੈ, ਜੋ ਇਹ ਸਮਝਣ ਦਾ ਜਤਨ ਕਰਦੀ ਹੈ ਕਿ ਪਰਮਾਤਮਾ ਕਿਹੋ ਜਿਹਾ ਤੇ ਕੇਡਾ ਵੱਡਾ ਹੈ । ਕਰਤਾਰ ਨੇ (ਅਜੇਹੀ ਕਾਂਇਆਂ-ਘੋੜੀ ਦਾ) ਸਾਰਾ ਜਨਮ ਸਫਲ ਕਰ ਦਿੱਤਾ ਹੈ, ਕਿਉਂਕਿ ਉਹ ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦੀ ਹੈ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਉਚਾਰਦੀ ਰਹਿੰਦੀ ਹੈ ।

ਹੇ ਭਾਈ! ਪਰਮਾਤਮਾ ਦੇ ਭਗਤ ਪਰਮਾਤਮਾ ਦੇ ਨਾਮ ਦੀ ਵਡਿਆਈ ਕਰ ਕੇ ਪਰਮਾਤਮਾ ਦੀ ਭਗਤੀ (ਦੀ ਦਾਤਿ) ਮੰਗਦੇ ਰਹਿੰਦੇ ਹਨ । ਦਾਸ ਨਾਨਕ ਆਖਦਾ ਹੈ—ਹੇ ਸੰਤ ਜਨੋ! (ਇਹ ਸੋਹਣੀ ਕਾਂਇਆਂ ਘੋੜੀ ਪ੍ਰਾਪਤ ਕਰ ਕੇ) ਪਰਮਾਤਮਾ ਦੀ ਸੋਹਣੀ ਭਗਤੀ (ਕਰਦੇ ਰਹੋ) ।੧।

ਦੇਹ ਕੰਚਨ ਜੀਨੁ ਸੁਵਿਨਾ ਰਾਮ ॥ ਜੜਿ ਹਰਿ ਹਰਿ ਨਾਮੁ ਰਤੰਨਾ ਰਾਮ ॥ ਜੜਿ ਨਾਮ ਰਤਨੁ ਗੋਵਿੰਦ ਪਾਇਆ ਹਰਿ ਮਿਲੇ ਹਰਿ ਗੁਣ ਸੁਖ ਘਣੇ ॥ ਗੁਰ ਸਬਦੁ ਪਾਇਆ ਹਰਿ ਨਾਮੁ ਧਿਆਇਆ ਵਡਭਾਗੀ ਹਰਿ ਰੰਗ ਹਰਿ ਬਣੇ ॥ ਹਰਿ ਮਿਲੇ ਸੁਆਮੀ ਅੰਤਰਜਾਮੀ ਹਰਿ ਨਵਤਨ ਹਰਿ ਨਵ ਰੰਗੀਆ ॥ ਨਾਨਕੁ ਵਖਾਣੈ ਨਾਮੁ ਜਾਣੈ ਹਰਿ ਨਾਮੁ ਹਰਿ ਪ੍ਰਭ ਮੰਗੀਆ ॥੨॥ {ਪੰਨਾ 576}

ਪਦਅਰਥ:- ਦੇਹ—ਸਰੀਰ, ਕਾਂਇਆਂ (-ਘੋੜੀ) । ਜੀਨੁ—ਕਾਠੀ । ਸੁਵਿਨਾ—ਸੋਨੇ ਦੀ । ਜੜਿ—ਜੜ ਕੇ । ਘਣੇ—ਬਹੁਤ । ਨਵ ਤਨ—ਨਵਾਂ । ਨਵ ਰੰਗੀਆ—ਨਵ-ਰੰਗੀ, ਨਵੇਂ ਰੰਗ ਵਾਲਾ ।੨।

ਅਰਥ:- ਉਹ ਕਾਂਇਆਂ (-ਘੋੜੀ, ਮਾਨੋ,) ਸੋਨੇ ਦੀ ਹੈ (ਬਹੁਤ ਕੀਮਤ ਵਾਲੀ ਬਣ ਜਾਂਦੀ ਹੈ, ਜਿਸ ਉਤੇ) ਪਰਮਾਤਮਾ ਦਾ ਨਾਮ-ਰਤਨ ਜੜ ਕੇ ਸੋਨੇ ਦੀ ਕਾਠੀ ਪਾਈ ਜਾਂਦੀ ਹੈ (ਜਿਸ ਉਤੇ ਪਰਮਾਤਮਾ ਦੇ ਨਾਮ ਨਾਲ ਭਰਪੂਰ ਗੁਰ-ਸ਼ਬਦ ਦੀ ਕਾਠੀ ਪਾਈ ਜਾਂਦੀ ਹੈ) ।

(ਹੇ ਭਾਈ! ਜਿਸ ਮਨੁੱਖ ਨੇ) ਪਰਮਾਤਮਾ ਦਾ ਨਾਮ-ਰਤਨ ਜੜ ਕੇ ਗੁਰ-ਸ਼ਬਦ ਦੀ ਕਾਠੀ ਪਾ ਦਿੱਤੀ, ਉਸ ਨੂੰ ਪਰਮਾਤਮਾ ਮਿਲ ਪਿਆ, ਉਸ ਨੇ ਪਰਮਾਤਮਾ ਦੇ ਗੁਣ (ਆਪਣੇ ਅੰਦਰ ਵਸਾ ਲਏ), ਉਸ ਨੂੰ ਸੁਖ ਹੀ ਸੁਖ ਪ੍ਰਾਪਤ ਹੋ ਗਏ । ਹੇ ਭਾਈ! ਜਿਸ ਮਨੁੱਖ ਨੇ ਗੁਰੂ ਦਾ ਸ਼ਬਦ ਹਾਸਲ ਕਰ ਲਿਆ, ਜਿਸ ਨੇ ਪਰਮਾਤਮਾ ਦਾ ਨਾਮ ਸਿਮਰਨਾ ਸ਼ੁਰੂ ਕਰ ਦਿਤਾ, ਉਹ ਵੱਡੇ ਭਾਗਾਂ ਵਾਲਾ ਬਣ ਗਿਆ, ਉਸ ਦੇ ਅੰਦਰ ਪਰਮਾਤਮਾ ਦਾ ਪ੍ਰੇਮ ਉਘੜ ਪਿਆ ।

ਨਾਨਕ ਆਖਦਾ ਹੈ—(ਹੇ ਭਾਈ! ਜੇਹੜਾ ਮਨੁੱਖ) ਪਰਮਾਤਮਾ ਦੇ ਨਾਮ ਨਾਲ ਡੂੰਘੀ ਸਾਂਝ ਪਾਂਦਾ ਹੈ, ਜੇਹੜਾ ਮਨੁੱਖ ਹਰ ਵੇਲੇ ਪਰਮਾਤਮਾ ਦਾ ਨਾਮ ਮੰਗਦਾ ਹੈ, ਉਸ ਨੂੰ ਉਹ ਮਾਲਕ-ਹਰੀ ਮਿਲ ਪੈਂਦਾ ਹੈ ਜੋ ਹਰੇਕ ਦੇ ਦਿਲ ਦੀ ਜਾਣਨ ਵਾਲਾ ਹੈ, ਜੋ ਸਦਾ ਹੀ ਨਵਾਂ-ਨਰੋਆ ਰਹਿਣ ਵਾਲਾ ਹੈ, ਜੋ ਸਦਾ ਨਵੇਂ ਚੋਜਾਂ ਦਾ ਮਾਲਕ ਹੈ ।੨।

ਕੜੀਆਲੁ ਮੁਖੇ ਗੁਰਿ ਅੰਕਸੁ ਪਾਇਆ ਰਾਮ ॥ ਮਨੁ ਮੈਗਲੁ ਗੁਰ ਸਬਦਿ ਵਸਿ ਆਇਆ ਰਾਮ ॥ ਮਨੁ ਵਸਗਤਿ ਆਇਆ ਪਰਮ ਪਦੁ ਪਾਇਆ ਸਾ ਧਨ ਕੰਤਿ ਪਿਆਰੀ ॥ ਅੰਤਰਿ ਪ੍ਰੇਮੁ ਲਗਾ ਹਰਿ ਸੇਤੀ ਘਰਿ ਸੋਹੈ ਹਰਿ ਪ੍ਰਭ ਨਾਰੀ ॥ ਹਰਿ ਰੰਗਿ ਰਾਤੀ ਸਹਜੇ ਮਾਤੀ ਹਰਿ ਪ੍ਰਭੁ ਹਰਿ ਹਰਿ ਪਾਇਆ ॥ ਨਾਨਕ ਜਨੁ ਹਰਿ ਦਾਸੁ ਕਹਤੁ ਹੈ ਵਡਭਾਗੀ ਹਰਿ ਹਰਿ ਧਿਆਇਆ ॥੩॥ {ਪੰਨਾ 576}

ਪਦਅਰਥ:- ਕੜੀਆਲੁ—ਲਗਾਮ । ਮੁਖੇ—ਮੁਖਿ, (ਕਾਂਇਆਂ-ਘੋੜੀ ਦੇ) ਮੂੰਹ ਵਿਚ । ਗੁਰਿ—ਗੁਰੂ ਨੇ । ਅੰਕਸੁ—ਹਾਥੀ ਨੂੰ ਚਲਾਣ ਵਾਸਤੇ ਵਰਤੀਦਾ ਲੋਹੇ ਦਾ ਕੁੰਡਾ । ਮੈਗਲੁ—ਹਾਥੀ {mdkl} । ਸਬਦਿ—ਸ਼ਬਦ ਦੀ ਰਾਹੀਂ । ਵਸਿ—ਵੱਸ ਵਿਚ । ਵਸਗਤਿ—ਵੱਸ ਵਿਚ । ਪਰਮ ਪਦੁ—ਸਭ ਤੋਂ ਉੱਚਾ ਆਤਮਕ ਦਰਜਾ । ਸਾ ਧਨ—ਜੀਵ-ਇਸਤ੍ਰੀ । ਕੰਤਿ—ਕੰਤ ਨੇ । ਅੰਤਰਿ—ਅੰਦਰ, ਹਿਰਦੇ ਵਿਚ । ਹਰਿ ਸੇਤੀ—ਹਰੀ ਦੇ ਨਾਲ । ਘਰਿ—ਘਰ ਵਿਚ, ਪ੍ਰਭੂ ਦੀ ਹਜ਼ੂਰੀ ਵਿਚ । ਸੋਹੈ—ਸੋਹਣੀ ਲੱਗਦੀ ਹੈ । ਰੰਗਿ—ਪ੍ਰੇਮ-ਰੰਗਿ ਵਿਚ । ਰਾਤੀ—ਰੰਗੀ ਹੋਈ । ਸਹਜੇ—ਸਹਜਿ, ਆਤਮਕ ਅਡੋਲਤਾ ਵਿਚ । ਮਾਤੀ—ਮਸਤ । ਹਰਿ ਦਾਸੁ—ਹਰਿ ਦਾ ਸੇਵਕ । ਜਨੁ—ਦਾਸ ।੩।

ਅਰਥ:- ਹੇ ਭਾਈ! ਗੁਰੂ ਨੇ (ਜਿਸ ਮਨੁੱਖ ਦੀ ਕਾਂਇਆਂ-ਘੋੜੀ ਦੇ) ਮੂੰਹ ਵਿਚ ਲਗਾਮ ਦੇ ਦਿੱਤੀ, ਕੁੰਡਾ ਰੱਖ ਦਿੱਤਾ, ਉਸ ਦਾ ਮਨ-ਹਾਥੀ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਵੱਸ ਵਿਚ ਆ ਗਿਆ ।

ਜਿਸ ਜੀਵ-ਇਸਤ੍ਰੀ ਦਾ ਮਨ ਵੱਸ ਵਿਚ ਆ ਗਿਆ, ਉਸ ਨੇ ਸਭ ਤੋਂ ਉੱਚਾ ਆਤਮਕ ਦਰਜਾ ਹਾਸਲ ਕਰ ਲਿਆ, ਪ੍ਰਭੂ-ਕੰਤ ਨੇ ਉਸ ਜੀਵ-ਇਸਤ੍ਰੀ ਨੂੰ ਪਿਆਰ ਕਰਨਾ ਸ਼ੁਰੂ ਕਰ ਦਿੱਤਾ, ਉਸ ਦੇ ਹਿਰਦੇ ਵਿਚ ਪਰਮਾਤਮਾ ਨਾਲ ਪ੍ਰੇਮ ਪੈਦਾ ਹੋ ਗਿਆ, ਉਹ ਜੀਵ-ਇਸਤ੍ਰੀ ਪ੍ਰਭੂ ਦੀ ਹਜ਼ੂਰੀ ਵਿਚ ਸੋਹਣੀ ਲੱਗਦੀ ਹੈ । ਜੇਹੜੀ ਜੀਵ-ਇਸਤ੍ਰੀ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੀ ਜਾਂਦੀ ਹੈ, ਜੋ ਆਤਮਕ ਅਡੋਲਤਾ ਵਿਚ ਮਸਤ ਰਹਿੰਦੀ ਹੈ, ਉਹ ਪਰਮਾਤਮਾ ਦਾ ਮਿਲਾਪ ਪ੍ਰਾਪਤ ਕਰ ਲੈਂਦੀ ਹੈ ।

ਹਰੀ ਦਾ ਸੇਵਕ ਨਾਨਕ-ਦਾਸ ਆਖਦਾ ਹੈ—ਹੇ ਭਾਈ! ਵੱਡੇ ਭਾਗਾਂ ਵਾਲੇ ਜੀਵ ਹੀ ਪਰਮਾਤਮਾ ਦਾ ਨਾਮ ਸਿਮਰਦੇ ਹਨ ।੩।

ਦੇਹ ਘੋੜੀ ਜੀ ਜਿਤੁ ਹਰਿ ਪਾਇਆ ਰਾਮ ॥ ਮਿਲਿ ਸਤਿਗੁਰ ਜੀ ਮੰਗਲੁ ਗਾਇਆ ਰਾਮ ॥ ਹਰਿ ਗਾਇ ਮੰਗਲੁ ਰਾਮ ਨਾਮਾ ਹਰਿ ਸੇਵ ਸੇਵਕ ਸੇਵਕੀ ॥ ਪ੍ਰਭ ਜਾਇ ਪਾਵੈ ਰੰਗ ਮਹਲੀ ਹਰਿ ਰੰਗੁ ਮਾਣੈ ਰੰਗ ਕੀ ॥ ਗੁਣ ਰਾਮ ਗਾਏ ਮਨਿ ਸੁਭਾਏ ਹਰਿ ਗੁਰਮਤੀ ਮਨਿ ਧਿਆਇਆ ॥ ਜਨ ਨਾਨਕ ਹਰਿ ਕਿਰਪਾ ਧਾਰੀ ਦੇਹ ਘੋੜੀ ਚੜਿ ਹਰਿ ਪਾਇਆ ॥੪॥੨॥੬॥ {ਪੰਨਾ 576}

ਪਦਅਰਥ:- ਦੇਹ—ਕਾਂਇਆਂ, ਸਰੀਰ । ਜੀ—ਹੇ ਭਾਈ! ਜਿਤੁ—ਜਿਸ (ਕਾਂਇਆਂ-ਘੋੜੀ) ਦੀ ਰਾਹੀਂ । ਮਿਲਿ ਸਤਿਗੁਰੁ—ਗੁਰੂ ਨੂੰ ਮਿਲ ਕੇ । ਮੰਗਲੁ—ਆਤਮਕ ਆਨੰਦ ਦੇਣ ਵਾਲਾ ਗੀਤ । ਸੇਵਕੀ—ਸੇਵਕ-ਭਾਵਨਾ ਨਾਲ । ਜਾਇ—ਜਾ ਕੇ । ਪ੍ਰਭ ਰੰਗ ਮਹਲੀ—ਪਰਮਾਤਮਾ ਦੀ ਆਨੰਦ-ਭਰੀ ਹਜ਼ੂਰੀ ਵਿਚ । ਮਨਿ—ਮਨ ਵਿਚ । ਸੁਭਾਏ—ਸੁਭਾਇ, ਪ੍ਰੇਮ ਨਾਲ । ਚੜਿ—ਚੜ੍ਹ ਕੇ ।੪।

ਅਰਥ:- ਹੇ ਭਾਈ! ਉਹ ਕਾਂਇਆਂ (ਮਨੁੱਖ ਦੇ ਜੀਵਨ-ਸਫ਼ਰ ਵਿਚ, ਮਾਨੋ,) ਘੋੜੀ ਹੈ ਜਿਸ (ਕਾਂਇਆਂ) ਦੀ ਰਾਹੀਂ ਮਨੁੱਖ ਪਰਮਾਤਮਾ ਦਾ ਮਿਲਾਪ ਹਾਸਲ ਕਰ ਲੈਂਦਾ ਹੈ, ਅਤੇ, ਗੁਰੂ ਨੂੰ ਮਿਲ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਂਦਾ ਰਹਿੰਦਾ ਹੈ । ਸੇਵਕ-ਭਾਵ ਨਾਲ ਜੇਹੜਾ ਮਨੁੱਖ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾ ਕੇ ਪਰਮਾਤਮਾ ਦੀ ਸੇਵਾ ਭਗਤੀ ਕਰਦਾ ਹੈ ਉਹ ਪਰਮਾਤਮਾ ਦੀ ਆਨੰਦ-ਭਰੀ ਹਜ਼ੂਰੀ ਵਿਚ ਜਾ ਪਹੁੰਚਦਾ ਹੈ ਅਤੇ ਪਰਮਾਤਮਾ ਦੇ ਮਿਲਾਪ ਦਾ ਆਨੰਦ ਮਾਣਦਾ ਹੈ । ਉਹ ਮਨੁੱਖ ਪ੍ਰੇਮ ਨਾਲ ਆਪਣੇ ਮਨ ਵਿਚ ਪਰਮਾਤਮਾ ਦੇ ਗੁਣ ਗਾਂਦਾ ਹੈ, ਗੁਰੂ ਦੀ ਮਤਿ ਉਤੇ ਤੁਰ ਕੇ ਮਨ ਵਿਚ ਪਰਮਾਤਮਾ ਦਾ ਧਿਆਨ ਧਰਦਾ ਹੈ ।

ਹੇ ਨਾਨਕ! ਜਿਸ ਦਾਸ ਉਤੇ ਪਰਮਾਤਮਾ ਕਿਰਪਾ ਕਰਦਾ ਹੈ ਉਹ ਆਪਣੀ ਕਾਂਇਆਂ-ਘੋੜੀ ਉਤੇ ਚੜ੍ਹ ਕੇ ਪਰਮਾਤਮਾ ਨੂੰ ਮਿਲ ਪੈਂਦਾ ਹੈ ।੪।੨।੬।

ਰਾਗੁ ਵਡਹੰਸੁ ਮਹਲਾ ੫ ਛੰਤ ਘਰੁ ੪ ੴ ਸਤਿਗੁਰ ਪ੍ਰਸਾਦਿ ॥ ਗੁਰ ਮਿਲਿ ਲਧਾ ਜੀ ਰਾਮੁ ਪਿਆਰਾ ਰਾਮ ॥ ਇਹੁ ਤਨੁ ਮਨੁ ਦਿਤੜਾ ਵਾਰੋ ਵਾਰਾ ਰਾਮ ॥ ਤਨੁ ਮਨੁ ਦਿਤਾ ਭਵਜਲੁ ਜਿਤਾ ਚੂਕੀ ਕਾਂਣਿ ਜਮਾਣੀ ॥ ਅਸਥਿਰੁ ਥੀਆ ਅੰਮ੍ਰਿਤੁ ਪੀਆ ਰਹਿਆ ਆਵਣ ਜਾਣੀ ॥ ਸੋ ਘਰੁ ਲਧਾ ਸਹਜਿ ਸਮਧਾ ਹਰਿ ਕਾ ਨਾਮੁ ਅਧਾਰਾ ॥ ਕਹੁ ਨਾਨਕ ਸੁਖਿ ਮਾਣੇ ਰਲੀਆਂ ਗੁਰ ਪੂਰੇ ਕੰਉ ਨਮਸਕਾਰਾ ॥੧॥

ਪਦਅਰਥ:- ਗੁਰ ਮਿਲਿ—ਗੁਰੂ ਨੂੰ ਮਿਲ ਕੇ । ਲਧਾ—ਲੱਭਦਾ ਹੈ । ਜੀ—ਹੇ ਭਾਈ! ਵਾਰੋ ਵਾਰਾ—ਵਾਰ ਵਾਰ ਕੇ, ਸਦਕੇ ਕਰ ਕੇ । ਭਵਜਲੁ—ਸੰਸਾਰ-ਸਮੁੰਦਰ । ਚੂਕੀ—ਮੁੱਕ ਜਾਂਦੀ ਹੈ । ਕਾਂਣਿ—ਮੁਥਾਜੀ । ਜਮਾਣੀ—ਜਮਾਂ ਦੀ । ਅਸਥਿਰੁ—ਅਡੋਲ-ਚਿੱਤ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ । ਰਹਿਆ—ਮੁੱਕ ਗਿਆ । ਸਹਜਿ—ਆਤਮਕ ਅਡੋਲਤਾ ਵਿਚ । ਸਮਧਾ—ਸਮਾ ਗਿਆ, ਲੀਨਤਾ ਹੋ ਗਈ । ਅਧਾਰਾ—ਆਸਰਾ । ਸੁਖਿ—ਆਨੰਦ ਨਾਲ । ਰਲੀਆਂ—ਖ਼ੁਸ਼ੀਆਂ । ਕੰਉ—ਨੂੰ ।੧।

ਅਰਥ:- ਹੇ ਭਾਈ! ਗੁਰੂ ਨੂੰ ਮਿਲ ਕੇ (ਹੀ) ਪਿਆਰਾ ਪ੍ਰਭੂ ਲੱਭਦਾ ਹੈ, (ਜਿਸ ਨੂੰ ਗੁਰੂ ਦੀ ਰਾਹੀਂ ਪ੍ਰਭੂ ਲੱਭ ਪੈਂਦਾ ਹੈ, ਉਹ) ਆਪਣਾ ਇਹ ਸਰੀਰ ਇਹ ਮਨ (ਗੁਰੂ ਦੇ) ਹਵਾਲੇ ਕਰਦਾ ਹੈ । ਜੇਹੜਾ ਮਨੁੱਖ ਆਪਣਾ ਤਨ ਮਨ ਗੁਰੂ ਦੇ ਹਵਾਲੇ ਕਰਦਾ ਹੈ, ਉਹ ਸੰਸਾਰ-ਸਮੁੰਦਰ ਨੂੰ ਜਿੱਤ ਲੈਂਦਾ ਹੈ, ਉਸ ਦੀ ਜਮਾਂ ਦੀ ਮੁਥਾਜੀ ਮੁੱਕ ਜਾਂਦੀ ਹੈ ਉਹ ਮਨੁੱਖ ਆਤਮਕ ਜੀਵਨ ਦੇਣ ਵਾਲਾ ਨਾਮ-ਜਲ (ਗੁਰੂ ਪਾਸੋਂ ਲੈ ਕੇ) ਪੀਂਦਾ ਹੈ, ਤੇ, ਅਡੋਲ-ਚਿੱਤ ਹੋ ਜਾਂਦਾ ਹੈ, ਉਸ ਦਾ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ । ਉਸ ਮਨੁੱਖ ਨੂੰ ਉਹ ਘਰ (ਪ੍ਰਭੂ ਦੇ ਚਰਨਾਂ ਵਿਚ ਟਿਕਾਣਾ) ਮਿਲ ਜਾਂਦਾ ਹੈ (ਜਿਸ ਦੀ ਬਰਕਤਿ ਨਾਲ) ਉਹ ਆਤਮਕ ਅਡੋਲਤਾ ਵਿਚ ਲੀਨ ਰਹਿੰਦਾ ਹੈ, ਪਰਮਾਤਮਾ ਦਾ ਨਾਮ (ਉਸ ਦੀ ਜ਼ਿੰਦਗੀ ਦਾ) ਆਸਰਾ ਬਣ ਜਾਂਦਾ ਹੈ । ਹੇ ਨਾਨਕ! ਆਖ—ਉਹ ਮਨੁੱਖ ਸੁਖ ਵਿਚ ਰਹਿ ਕੇ ਆਤਮਕ ਖ਼ੁਸ਼ੀਆਂ ਮਾਣਦਾ ਹੈ

(ਇਹ ਸਾਰੀ ਬਰਕਤਿ ਗੁਰੂ ਦੀ ਹੀ ਹੈ) ਪੂਰੇ ਗੁਰੂ ਨੂੰ (ਸਦਾ) ਨਮਸਕਾਰ ਕਰਨੀ ਚਾਹੀਦੀ ਹੈ ।੧।

ਸੁਣਿ ਸਜਣ ਜੀ ਮੈਡੜੇ ਮੀਤਾ ਰਾਮ ॥ ਗੁਰਿ ਮੰਤ੍ਰੁ ਸਬਦੁ ਸਚੁ ਦੀਤਾ ਰਾਮ ॥ ਸਚੁ ਸਬਦੁ ਧਿਆਇਆ ਮੰਗਲੁ ਗਾਇਆ ਚੂਕੇ ਮਨਹੁ ਅਦੇਸਾ ॥ ਸੋ ਪ੍ਰਭੁ ਪਾਇਆ ਕਤਹਿ ਨ ਜਾਇਆ ਸਦਾ ਸਦਾ ਸੰਗਿ ਬੈਸਾ ॥ ਪ੍ਰਭ ਜੀ ਭਾਣਾ ਸਚਾ ਮਾਣਾ ਪ੍ਰਭਿ ਹਰਿ ਧਨੁ ਸਹਜੇ ਦੀਤਾ ॥ ਕਹੁ ਨਾਨਕ ਤਿਸੁ ਜਨ ਬਲਿਹਾਰੀ ਤੇਰਾ ਦਾਨੁ ਸਭਨੀ ਹੈ ਲੀਤਾ ॥੨॥ {ਪੰਨਾ 576}

ਪਦਅਰਥ:- ਸਜਣ—ਹੇ ਸੱਜਣ! ਮੈਡੜੇ—ਮੇਰੇ । ਗੁਰਿ—ਗੁਰੂ ਨੇ । ਸਬਦੁ ਸਚੁ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਵਾਲਾ ਸ਼ਬਦ । ਮੰਗਲੁ—ਸਿਫ਼ਤਿ-ਸਾਲਾਹ ਦਾ ਗੀਤ । ਮਨਹੁ—ਮਨ ਤੋਂ । ਅਦੇਸਾ—ਚਿੰਤਾ-ਫ਼ਿਕਰ । ਕਤਹਿ—ਕਿਸੇ ਭੀ ਹੋਰ ਥਾਂ । ਸੰਗਿ—(ਪ੍ਰਭੂ ਦੇ) ਨਾਲ । ਬੈਸਾ—ਬੈਠਾ ਰਹਿੰਦਾ ਹੈ, ਟਿਕਿਆ ਰਹਿੰਦਾ ਹੈ । ਪ੍ਰਭ ਭਾਣਾ—ਪ੍ਰਭੂ ਨੂੰ ਪਿਆਰਾ ਲੱਗਦਾ ਹੈ । ਪ੍ਰਭਿ—ਪ੍ਰਭੂ ਨੇ । ਸਹਜੇ—ਆਤਮਕ ਅਡੋਲਤਾ ਵਿਚ (ਟਿਕਾ ਕੇ) । ਬਲਿਹਾਰੀ—ਸਦਕੇ । ਸਭਨੀ—ਹੋਰ ਸਭ ਜੀਵਾਂ ਨੇ ।੧।

ਅਰਥ:- ਹੇ ਮੇਰੇ ਸੱਜਣ! ਹੇ ਮੇਰੇ ਮਿੱਤਰ! ਸੁਣ, (ਕਿਸੇ ਭਾਗਾਂ ਵਾਲੇ ਮਨੁੱਖ ਨੂੰ) ਗੁਰੂ ਨੇ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਵਾਲਾ ਸ਼ਬਦ-ਮੰਤ੍ਰ ਦਿੱਤਾ ਹੈ । ਜੇਹੜਾ ਮਨੁੱਖ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਵਾਲੇ ਸ਼ਬਦ ਨੂੰ ਸਦਾ ਹਿਰਦੇ ਵਿਚ ਵਸਾਂਦਾ ਹੈ, ਜੇਹੜਾ ਮਨੁੱਖ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ (ਸਦਾ) ਗਾਂਦਾ ਹੈ, ਉਸ ਦੇ ਮਨ ਤੋਂ ਚਿੰਤਾ-ਫ਼ਿਕਰ ਲਹਿ ਜਾਂਦੇ ਹਨ, ਉਹ ਮਨੁੱਖ ਪਰਮਾਤਮਾ ਦਾ ਮਿਲਾਪ ਹਾਸਲ ਕਰ ਲੈਂਦਾ ਹੈ, (ਪ੍ਰਭੂ ਨੂੰ ਛੱਡ ਕੇ) ਕਿਸੇ ਹੋਰ ਥਾਂ ਉਹ ਨਹੀਂ ਭਟਕਦਾ ਉਹ ਸਦਾ ਹੀ ਪ੍ਰਭੂ-ਚਰਨਾਂ ਵਿਚ ਲੀਨ ਰਹਿੰਦਾ ਹੈ । ਉਹ ਮਨੁੱਖ ਪ੍ਰਭੂ ਨੂੰ (ਸਦਾ) ਪਿਆਰਾ ਲੱਗਦਾ ਹੈ, ਸਦਾ-ਥਿਰ ਪ੍ਰਭੂ ਦਾ ਹੀ ਉਸ ਨੂੰ ਮਾਣ-ਆਸਰਾ ਰਹਿੰਦਾ ਹੈ, ਪਰਮਾਤਮਾ ਨੇ ਉਸ ਨੂੰ ਆਤਮਕ ਅਡੋਲਤਾ ਵਿਚ ਟਿਕਾ ਕੇ ਆਪਣਾ ਨਾਮ-ਧਨ ਬਖ਼ਸ਼ ਦਿੱਤਾ ਹੈ । ਹੇ ਨਾਨਕ! ਆਖ—(ਹੇ ਪ੍ਰਭੂ!) ਮੈਂ ਉਸ ਸੇਵਕ ਤੋਂ ਸਦਕੇ ਜਾਂਦਾ ਹਾਂ, ਤੇਰੇ ਨਾਮ ਦੀ ਦਾਤਿ ਉਸ ਪਾਸੋਂ ਸਭ ਜੀਵ ਲੈਂਦੇ ਹਨ ।੨।

ਤਉ ਭਾਣਾ ਤਾਂ ਤ੍ਰਿਪਤਿ ਅਘਾਏ ਰਾਮ ॥ ਮਨੁ ਥੀਆ ਠੰਢਾ ਸਭ ਤ੍ਰਿਸਨ ਬੁਝਾਏ ਰਾਮ ॥ ਮਨੁ ਥੀਆ ਠੰਢਾ ਚੂਕੀ ਡੰਝਾ ਪਾਇਆ ਬਹੁਤੁ ਖਜਾਨਾ ॥ ਸਿਖ ਸੇਵਕ ਸਭਿ ਭੁੰਚਣ ਲਗੇ ਹੰਉ ਸਤਗੁਰ ਕੈ ਕੁਰਬਾਨਾ ॥ ਨਿਰਭਉ ਭਏ ਖਸਮ ਰੰਗਿ ਰਾਤੇ ਜਮ ਕੀ ਤ੍ਰਾਸ ਬੁਝਾਏ ॥ ਨਾਨਕ ਦਾਸੁ ਸਦਾ ਸੰਗਿ ਸੇਵਕੁ ਤੇਰੀ ਭਗਤਿ ਕਰੰਉ ਲਿਵ ਲਾਏ ॥੩॥ {ਪੰਨਾ 577}

ਪਦਅਰਥ:- ਭਉ ਭਾਣਾ—(ਜੇ) ਤੈਨੂੰ ਚੰਗਾ ਲੱਗੇ, ਜੇ ਤੇਰੀ ਰਜ਼ਾ ਹੋਵੇ । ਅਘਾਏ—ਰੱਜ ਜਾਂਦਾ ਹੈ । ਠੰਢਾ—ਸ਼ਾਂਤ । ਤ੍ਰਿਸਨ—ਮਾਇਆ ਦੀ ਪਿਆਸ । ਡੰਝਾ—ਭੜਕੀ, ਕਦੇ ਨਾਹ ਮੁੱਕਣ ਵਾਲੀ ਪਿਆਸ । ਸਭਿ—ਸਾਰੇ । ਭੁੰਚਣ ਲਗੇ—ਖਾਣ ਲੱਗ ਪੈਂਦੇ ਹਨ । ਹੰਉ—ਮੈਂ । ਕੈ ਕੁਰਬਾਨਾ—ਤੋਂ ਸਦਕੇ । ਰੰਗਿ—ਪ੍ਰੇਮ-ਰੰਗ ਵਿਚ । ਰਾਤੇ—ਰੰਗੇ ਜਾਂਦੇ ਹਨ । ਤ੍ਰਾਸ—ਸਹਜ, ਡਰ । ਸੰਗਿ—ਨਾਲ । ਕਰੰਉ—ਮੈਂ ਕਰਾਂ । ਲਾਏ—ਲਾਇ, ਲਾ ਕੇ ।੩।

ਅਰਥ:- ਹੇ ਪ੍ਰਭੂ! ਮੈਂ ਗੁਰੂ ਤੋਂ ਸਦਕੇ ਜਾਂਦਾ ਹਾਂ । ਜੇ ਤੇਰੀ ਰਜ਼ਾ ਹੋਵੇ ਤਾਂ (ਗੁਰੂ ਦੀ ਸਰਨ ਪੈ ਕੇ ਜੀਵ ਮਾਇਆ ਦੀ ਭੁੱਖ ਵਲੋਂ) ਪੂਰੇ ਤੌਰ ਤੇ ਰੱਜ ਜਾਂਦਾ ਹੈ । (ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਸ ਦਾ) ਮਨ ਸ਼ਾਂਤ ਹੋ ਜਾਂਦਾ ਹੈ, ਕਦੇ ਨਾਹ ਮੁੱਕਣ ਵਾਲੀ ਮਾਇਆ ਦੀ ਪਿਆਸ (ਉਸ ਦੇ ਅੰਦਰੋਂ) ਬੁੱਝ ਜਾਂਦੀ ਹੈ (ਗੁਰੂ ਦੀ ਰਾਹੀਂ ਉਹ) (ਵੱਡਾ ਨਾਮ-) ਖ਼ਜ਼ਾਨਾ ਪ੍ਰਾਪਤ ਕਰ ਲੈਂਦਾ ਹੈ । (ਜੇਹੜੇ ਭੀ ਗੁਰੂ ਦੀ ਸਰਨ ਆਉਂਦੇ ਹਨ, ਉਹ) ਸਾਰੇ ਸਿੱਖ ਸੇਵਕ ਨਾਮ-ਖ਼ਜ਼ਾਨੇ ਨੂੰ ਵਰਤਣ ਲੱਗ ਪੈਂਦੇ ਹਨ । (ਗੁਰੂ ਦੀ ਸਰਨ ਪੈਣ ਵਾਲੇ ਮਨੁੱਖ ਦੁਨੀਆ ਦੇ ਸਹਮਾਂ ਵਲੋਂ) ਨਿਡਰ ਹੋ ਜਾਂਦੇ ਹਨ, ਪ੍ਰਭੂ-ਪਤੀ ਦੇ ਪ੍ਰੇਮ-ਰੰਗ ਵਿਚ ਰੰਗੇ ਜਾਂਦੇ ਹਨ, ਜਮਾਂ ਦਾ ਸਹਮ ਮਿਟਾ ਲੈਂਦੇ ਹਨ । ਹੇ ਨਾਨਕ! (ਆਖ—ਹੇ ਪ੍ਰਭੂ! ਮੇਹਰ ਕਰ, ਮੈਂ) ਦਾਸ ਸਦਾ (ਗੁਰੂ ਦੇ) ਚਰਨਾਂ ਵਿਚ ਟਿਕਿਆ ਰਹਾਂ, (ਗੁਰੂ ਦਾ) ਸੇਵਕ ਬਣਿਆ ਰਹਾਂ, ਤੇ, ਸੁਰਤਿ ਜੋੜ ਕੇ ਤੇਰੀ ਭਗਤੀ ਕਰਦਾ ਰਹਾਂ ।੩।

ਪੂਰੀ ਆਸਾ ਜੀ ਮਨਸਾ ਮੇਰੇ ਰਾਮ ॥ ਮੋਹਿ ਨਿਰਗੁਣ ਜੀਉ ਸਭਿ ਗੁਣ ਤੇਰੇ ਰਾਮ ॥ ਸਭਿ ਗੁਣ ਤੇਰੇ ਠਾਕੁਰ ਮੇਰੇ ਕਿਤੁ ਮੁਖਿ ਤੁਧੁ ਸਾਲਾਹੀ ॥ ਗੁਣੁ ਅਵਗੁਣੁ ਮੇਰਾ ਕਿਛੁ ਨ ਬੀਚਾਰਿਆ ਬਖਸਿ ਲੀਆ ਖਿਨ ਮਾਹੀ ॥ ਨਉ ਨਿਧਿ ਪਾਈ ਵਜੀ ਵਾਧਾਈ ਵਾਜੇ ਅਨਹਦ ਤੂਰੇ ॥ ਕਹੁ ਨਾਨਕ ਮੈ ਵਰੁ ਘਰਿ ਪਾਇਆ ਮੇਰੇ ਲਾਥੇ ਜੀ ਸਗਲ ਵਿਸੂਰੇ ॥੪॥੧॥ {ਪੰਨਾ 577}

ਪਦਅਰਥ:- ਜੀ—ਹੇ ਪ੍ਰਭੂ ਜੀ! ਮਨਸਾ—ਮਨ ਦੀ ਕਾਮਨਾ {mnl—w} । ਮੋਹਿ—ਮੈਂ । ਜੀਉ—ਹੇ ਪ੍ਰਭੂ ਜੀ! ਸਭਿ—ਸਾਰੇ । ਠਾਕੁਰ ਮੇਰੇ—ਹੇ ਠਾਕੁਰ! ਕਿਤੁ—ਕਿਸ ਦੀ ਰਾਹੀਂ? ਮੁਖਿ—ਮੂੰਹ ਨਾਲ । ਕਿਤੁ ਮੁਖਿ—ਕਿਸ ਮੂੰਹ ਨਾਲ? ਸਾਲਾਹੀ—ਸਾਲਾਹੀਂ, ਮੈਂ ਉਸਤਤਿ ਕਰਾਂ । ਖਿਨ ਮਾਹੀ—ਇਕ ਛਿਨ ਵਿਚ । ਨਉ ਨਿਧਿ—(ਦੁਨੀਆ ਦੇ ਸਾਰੇ ਹੀ) ਨੌ ਖ਼ਜ਼ਾਨੇ । ਵਾਜੇ—ਵੱਜ ਪਏ ਹਨ । ਅਨਹਦ—ਇਕ-ਰਸ, ਬਿਨਾ ਵਜਾਇਆਂ । ਤੂਰੇ—ਵਾਜੇ । ਘਰਿ—ਹਿਰਦੇ-ਘਰ ਵਿਚ । ਵਿਸੂਰੇ—ਝੋਰੇ ।੪।

ਅਰਥ:- ਹੇ ਪ੍ਰਭੂ ਜੀ! (ਤੇਰੀ ਮੇਹਰ ਨਾਲ ਮੇਰੀ ਹਰੇਕ) ਆਸ ਤੇ ਕਾਮਨਾ ਪੂਰੀ ਹੋ ਗਈ ਹੈ । ਹੇ ਪ੍ਰਭੂ ਜੀ! ਮੈਂ ਗੁਣ-ਹੀਨ ਸਾਂ (ਮੇਰੇ ਅੰਦਰ ਕੋਈ ਭੀ ਗੁਣ ਨਹੀਂ ਸੀ) ਤੇਰੇ ਅੰਦਰ ਸਾਰੇ ਹੀ ਗੁਣ ਹਨ । ਹੇ ਮੇਰੇ ਮਾਲਕ! ਤੇਰੇ ਅੰਦਰ ਸਾਰੇ ਹੀ ਗੁਣ ਹਨ । ਮੈਂ ਕਿਸ ਮੂੰਹ ਨਾਲ ਤੇਰੀ ਵਡਿਆਈ ਕਰਾਂ? ਤੂੰ ਮੇਰਾ ਕੋਈ ਔਗੁਣ ਨਹੀਂ ਵਿਚਾਰਿਆ, ਤੂੰ ਮੇਰਾ ਕੋਈ ਗੁਣ ਨਹੀਂ ਤੱਕਿਆ, ਤੇ, ਇਕ ਛਿਨ ਵਿਚ ਹੀ ਤੂੰ ਮੇਰੇ ਉਤੇ ਮੇਹਰ ਕਰ ਦਿੱਤੀ । (ਤੇਰੀ ਮੇਹਰ ਨਾਲ ਮੈਂ, ਮਾਨੋ,) ਸਾਰੇ ਹੀ ਨੌ ਖ਼ਜ਼ਾਨੇ ਹਾਸਲ ਕਰ ਲਏ ਹਨ, ਮੇਰੇ ਅੰਦਰ ਆਤਮਕ ਆਨੰਦ ਦੀ ਚੜ੍ਹਦੀ ਕਲਾ ਬਣ ਗਈ ਹੈ ਮੇਰੇ ਅੰਦਰ ਆਤਮਕ ਆਨੰਦ ਦੇ ਇਕ-ਰਸ ਵਾਜੇ ਵੱਜਣ ਲੱਗ ਪਏ ਹਨ ।

ਹੇ ਨਾਨਕ! (ਆਖ—) ਹੇ ਪ੍ਰਭੂ ਜੀ! ਮੈਂ (ਤੈਨੂੰ) ਖਸਮ ਨੂੰ ਆਪਣੇ ਹਿਰਦੇ-ਘਰ ਵਿਚ ਹੀ ਲੱਭ ਲਿਆ ਹੈ, ਮੇਰੇ ਸਾਰੇ ਹੀ ਚਿੰਤਾ-ਫ਼ਿਕਰ ਲਹਿ ਗਏ ਹਨ ।੪।੧।

ਸਲੋਕੁ ॥ ਕਿਆ ਸੁਣੇਦੋ ਕੂੜੁ ਵੰਞਨਿ ਪਵਣ ਝੁਲਾਰਿਆ ॥ ਨਾਨਕ ਸੁਣੀਅਰ ਤੇ ਪਰਵਾਣੁ ਜੋ ਸੁਣੇਦੇ ਸਚੁ ਧਣੀ ॥੧॥ ਛੰਤੁ ॥ ਤਿਨ ਘੋਲਿ ਘੁਮਾਈ ਜਿਨ ਪ੍ਰਭੁ ਸ੍ਰਵਣੀ ਸੁਣਿਆ ਰਾਮ ॥ ਸੇ ਸਹਜਿ ਸੁਹੇਲੇ ਜਿਨ ਹਰਿ ਹਰਿ ਰਸਨਾ ਭਣਿਆ ਰਾਮ ॥ ਸੇ ਸਹਜਿ ਸੁਹੇਲੇ ਗੁਣਹ

ਅਮੋਲੇ ਜਗਤ ਉਧਾਰਣ ਆਏ ॥ ਭੈ ਬੋਹਿਥ ਸਾਗਰ ਪ੍ਰਭ ਚਰਣਾ ਕੇਤੇ ਪਾਰਿ ਲਘਾਏ ॥ ਜਿਨ ਕੰਉ ਕ੍ਰਿਪਾ ਕਰੀ ਮੇਰੈ ਠਾਕੁਰਿ ਤਿਨ ਕਾ ਲੇਖਾ ਨ ਗਣਿਆ ॥ ਕਹੁ ਨਾਨਕ ਤਿਸੁ ਘੋਲਿ ਘੁਮਾਈ ਜਿਨਿ ਪ੍ਰਭੁ ਸ੍ਰਵਣੀ ਸੁਣਿਆ ॥੧॥ {ਪੰਨਾ 577}

ਪਦਅਰਥ:- ਕੂੜੁ—ਝੂਠ, ਝੂਠੇ ਪਦਾਰਥਾਂ ਦੀ ਗੱਲ । ਵੰਞਨਿ—ਚਲੇ ਜਾਂਦੇ ਹਨ । ਝੁਲਾਰਿਆ—ਬੁੱਲਿਆਂ ਵਾਂਗ । ਸੁਣੀਅਰ—ਕੰਨ । ਤੇ—{ਬਹੁ-ਵਚਨ} ਉਹ । ਸਚੁ—ਸਦਾ ਕਾਇਮ ਰਹਿਣ ਵਾਲਾ । ਧਣੀ—ਮਾਲਕ-ਪ੍ਰਭੂ ।੧।

ਛੰਤੁ:- ਘੋਲਿ ਘੁਮਾਈ—ਮੈਂ ਕੁਰਬਾਨ ਜਾਂਦਾ ਹਾਂ । ਸ੍ਰਵਣੀ—ਕੰਨਾਂ ਨਾਲ । ਸਹਜਿ—ਆਤਮਕ ਅਡੋਲਤਾ ਵਿਚ । ਸੁਹੇਲੇ—ਸੁਖੀ । ਰਸਨਾ—ਜੀਭ (ਨਾਲ) । ਉਧਾਰਣ—ਪਾਰ ਲੰਘਾਣ ਵਾਸਤੇ । ਭੈ ਸਾਗਰ—ਭਿਆਨਕ ਸਮੁੰਦਰ । ਬੋਹਿਥ—ਜਹਾਜ਼ । ਕੇਤੇ—ਬੇਅੰਤ । ਕੰਉ—ਨੂੰ । ਠਾਕੁਰਿ—ਠਾਕੁਰ ਨੇ । ਜਿਨਿ—ਜਿਸ ਨੇ {ਜਿਨ—ਜਿੰਨ੍ਹਾਂ ਨੇ} ।੧।

ਅਰਥ:- ਹੇ ਭਾਈ! ਨਾਸਵੰਤ ਪਦਾਰਥਾਂ ਦੀ ਗੱਲ ਕੀਹ ਸੁਣਦਾ ਹੈਂ? (ਇਹ ਪਦਾਰਥ ਤਾਂ) ਹਵਾ ਦੇ ਬੁੱਲਿਆਂ ਵਾਂਗ ਚਲੇ ਜਾਂਦੇ ਹਨ । ਹੇ ਨਾਨਕ! (ਸਿਰਫ਼) ਉਹ ਕੰਨ (ਪਰਮਾਤਮਾ ਦੀ ਹਜ਼ੂਰੀ ਵਿਚ) ਕਬੂਲ ਹਨ ਜੇਹੜੇ ਸਦਾ-ਥਿਰ ਰਹਿਣ ਵਾਲੇ ਮਾਲਕ-ਪ੍ਰਭੂ (ਦੀ ਸਿਫ਼ਤਿ-ਸਾਲਾਹ) ਨੂੰ ਸੁਣਦੇ ਹਨ ।੧।

ਛੰਤੁ । ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਆਪਣੇ ਕੰਨਾਂ ਨਾਲ ਪ੍ਰਭੂ (ਦਾ ਨਾਮ) ਸੁਣਿਆ ਹੈ, ਉਹਨਾਂ ਤੋਂ ਮੈਂ ਸਦਕੇ ਕੁਰਬਾਨ ਜਾਂਦਾ ਹਾਂ । ਜੇਹੜੇ ਮਨੁੱਖ ਆਪਣੀ ਜੀਭ ਨਾਲ ਪਰਮਾਤਮਾ ਦਾ ਨਾਮ ਜਪਦੇ ਹਨ ਉਹ ਆਤਮਕ ਅਡੋਲਤਾ ਵਿਚ ਟਿਕ ਕੇ ਸੁਖੀ ਰਹਿੰਦੇ ਹਨ । ਉਹ ਮਨੁੱਖ ਆਤਮਕ ਅਡੋਲਤਾ ਵਿਚ ਰਹਿ ਕੇ ਸੁਖੀ ਜੀਵਨ ਜੀਊਂਦੇ ਹਨ, ਉਹ ਅਮੋਲਕ ਗੁਣਾਂ ਵਾਲੇ ਹੋ ਜਾਂਦੇ ਹਨ, ਉਹ ਤਾਂ ਜਗਤ ਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਵਾਸਤੇ ਆਉਂਦੇ ਹਨ । ਹੇ ਭਾਈ! ਇਸ ਭਿਆਨਕ ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਵਾਸਤੇ ਪਰਮਾਤਮਾ ਦੇ ਚਰਨ ਜਹਾਜ਼ ਹਨ (ਆਪ ਨਾਮ ਜਪਣ ਵਾਲੇ ਮਨੁੱਖ) ਅਨੇਕਾਂ ਨੂੰ (ਪ੍ਰਭੂ-ਚਰਨਾਂ ਵਿਚ ਜੋੜ ਕੇ) ਪਾਰ ਲੰਘਾ ਦੇਂਦੇ ਹਨ । ਮੇਰੇ ਮਾਲਕ-ਪ੍ਰਭੂ ਨੇ ਜਿਨ੍ਹਾਂ ਉਤੇ ਮੇਹਰ (ਦੀ ਨਿਗਾਹ) ਕੀਤੀ, ਉਹਨਾਂ ਦੇ ਕਰਮਾਂ ਦਾ ਹਿਸਾਬ ਕਰਨਾ ਉਸ ਨੇ ਛੱਡ ਦਿੱਤਾ । ਹੇ ਨਾਨਕ! ਆਖ—ਮੈਂ ਉਸ ਮਨੁੱਖ ਤੋਂ ਸਦਕੇ ਕੁਰਬਾਨ ਜਾਂਦਾ ਹਾਂ ਜਿਸ ਨੇ ਆਪਣੇ ਕੰਨਾਂ ਨਾਲ ਪਰਮਾਤਮਾ (ਦੀ ਸਿਫ਼ਤਿ-ਸਾਲਾਹ) ਨੂੰ ਸੁਣਿਆ ਹੈ ।੧।

ਸਲੋਕੁ ॥ ਲੋਇਣ ਲੋਈ ਡਿਠ ਪਿਆਸ ਨ ਬੁਝੈ ਮੂ ਘਣੀ ॥ ਨਾਨਕ ਸੇ ਅਖੜੀਆਂ ਬਿਅੰਨਿ ਜਿਨੀ ਡਿਸੰਦੋ ਮਾ ਪਿਰੀ ॥੧॥ ਛੰਤੁ ॥ ਜਿਨੀ ਹਰਿ ਪ੍ਰਭੁ ਡਿਠਾ ਤਿਨ ਕੁਰਬਾਣੇ ਰਾਮ ॥ ਸੇ ਸਾਚੀ ਦਰਗਹ ਭਾਣੇ ਰਾਮ ॥ ਠਾਕੁਰਿ ਮਾਨੇ ਸੇ ਪਰਧਾਨੇ ਹਰਿ ਸੇਤੀ ਰੰਗਿ ਰਾਤੇ ॥ ਹਰਿ ਰਸਹਿ ਅਘਾਏ ਸਹਜਿ ਸਮਾਏ ਘਟਿ ਘਟਿ ਰਮਈਆ ਜਾਤੇ ॥ ਸੇਈ ਸਜਣ ਸੰਤ ਸੇ ਸੁਖੀਏ ਠਾਕੁਰ ਅਪਣੇ ਭਾਣੇ ॥ ਕਹੁ ਨਾਨਕ ਜਿਨ ਹਰਿ ਪ੍ਰਭੁ ਡਿਠਾ ਤਿਨ ਕੈ ਸਦ ਕੁਰਬਾਣੇ ॥੨॥ {ਪੰਨਾ 577}

ਪਦਅਰਥ:- ਲੋਇਣ—ਅੱਖਾਂ (ਨਾਲ) । ਲੋਈ—ਜਗਤ, ਲੋਕ । ਪਿਆਸ—ਵੇਖਣ ਦੀ ਲਾਲਸਾ ।

ਮੁ—ਮੈਨੂੰ । ਘਣੀ—ਬਹੁਤ । ਬਿਅੰਨਿ—ਹੋਰ ਕਿਸਮ ਦੀਆਂ । ਮਾ ਪਿਰੀ—ਮੇਰਾ ਪਿਆਰਾ ।੧।

ਛੰਤੁ । ਕੁਰਬਾਣੇ—ਸਦਕੇ । ਸੇ—{ਬਹੁ-ਵਚਨ} ਉਹ । ਭਾਣੇ—ਪਸੰਦ ਆਉਂਦੇ ਹਨ । ਠਾਕੁਰਿ—ਠਾਕੁਰ ਨੇ । ਮਾਨੇ—ਆਦਰ ਦਿੱਤਾ । ਪਰਧਾਨੇ—ਮੰਨੇ-ਪ੍ਰਮੰਨੇ । ਸੇਤੀ—ਨਾਲ । ਰੰਗਿ—ਪ੍ਰੇਮ-ਰੰਗ ਵਿਚ । ਰਾਤੇ—ਰੰਗੇ ਰਹਿੰਦੇ ਹਨ । ਰਸਹਿ—ਰਸ ਨਾਲ । ਅਘਾਣੇ—ਤ੍ਰਿਪਤ । ਸਹਜਿ—ਆਤਮਕ ਅਡੋਲਤਾ ਵਿਚ । ਘਟਿ ਘਟਿ—ਹਰੇਕ ਘਟ ਵਿਚ । ਤਿਨ ਕੈ—ਉਹਨਾਂ ਤੋਂ । ਸਦ—ਸਦਾ ।੨।

ਅਰਥ:- ਮੈਂ ਆਪਣੀਆਂ ਅੱਖਾਂ ਨਾਲ ਜਗਤ ਨੂੰ ਵੇਖਿਆ ਹੈ, (ਅਜੇ ਭੀ) ਮੈਨੂੰ (ਜਗਤ ਵੇਖਣ ਦੀ ਪਿਆਸ) ਬਹੁਤ ਹੈ, ਇਹ ਪਿਆਸ ਬੁੱਝਦੀ ਨਹੀਂ । ਹੇ ਨਾਨਕ! ਜਿਨ੍ਹਾਂ ਅੱਖਾਂ ਨੇ ਮੇਰੇ ਪਿਆਰੇ ਪ੍ਰਭੂ ਨੂੰ ਵੇਖਿਆ, ਉਹ ਅੱਖਾਂ ਹੋਰ ਕਿਸਮ ਦੀਆਂ ਹਨ (ਉਹਨਾਂ ਅੱਖਾਂ ਨੂੰ ਦੁਨੀਆ ਦੇ ਪਦਾਰਥ ਵੇਖਣ ਦੀ ਲਾਲਸਾ ਨਹੀਂ ਹੁੰਦੀ) ।੧।

ਛੰਤੁ । ਮੈਂ ਉਹਨਾਂ ਤੋਂ ਸਦਕੇ ਹਾਂ, ਜਿਨ੍ਹਾਂ ਨੇ ਪਰਮਾਤਮਾ ਦਾ ਦਰਸਨ ਕੀਤਾ ਹੈ, ਉਹ (ਵਡ-ਭਾਗੀ) ਬੰਦੇ ਸਦਾ-ਥਿਰ ਪ੍ਰਭੂ ਦੀ ਹਜ਼ੂਰੀ ਵਿਚ ਪਸੰਦ ਆਉਂਦੇ ਹਨ । ਜਿਨ੍ਹਾਂ ਜੀਵਾਂ ਨੂੰ ਮਾਲਕ-ਪ੍ਰਭੂ ਨੇ ਆਦਰ-ਮਾਣ ਦਿੱਤਾ ਹੈ, (ਹਰ ਥਾਂ) ਮੰਨੇ-ਪ੍ਰਮੰਨੇ ਜਾਂਦੇ ਹਨ, ਉਹ ਪਰਮਾਤਮਾ ਦੇ ਚਰਨਾਂ ਨਾਲ ਜੁੜੇ ਰਹਿੰਦੇ ਹਨ, ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗੇ ਰਹਿੰਦੇ ਹਨ । ਉਹ ਮਨੁੱਖ ਪਰਮਾਤਮਾ ਦੇ ਨਾਮ-ਰਸ ਨਾਲ (ਦੁਨੀਆ ਦੇ ਪਦਾਰਥਾਂ ਵੱਲੋਂ) ਰੱਜੇ ਰਹਿੰਦੇ ਹਨ ਉਹ ਆਤਮਕ ਅਡੋਲਤਾ ਵਿਚ ਲੀਨ ਰਹਿੰਦੇ ਹਨ, ਉਹ ਮਨੁੱਖ ਪਰਮਾਤਮਾ ਨੂੰ ਹਰੇਕ ਸਰੀਰ ਵਿਚ ਵੱਸਦਾ ਪਛਾਣਦੇ ਹਨ ।

ਹੇ ਭਾਈ! ਉਹੀ ਮਨੁੱਖ ਭਲੇ ਹਨ, ਸੰਤ ਹਨ, ਸੁਖੀ ਹਨ, ਜੋ ਆਪਣੇ ਮਾਲਕ ਪ੍ਰਭੂ ਨੂੰ ਚੰਗੇ ਲੱਗਦੇ ਹਨ । ਹੇ ਨਾਨਕ! ਆਖ—ਜਿਨ੍ਹਾਂ ਮਨੁੱਖਾਂ ਨੇ ਹਰੀ ਪ੍ਰਭੂ ਦਾ ਦਰਸਨ ਕਰ ਲਿਆ ਹੈ, ਮੈਂ ਉਹਨਾਂ ਤੋਂ ਸਦਾ ਸਦਕੇ ਜਾਂਦਾ ਹਾਂ ।੨।

ਸਲੋਕੁ ॥ ਦੇਹ ਅੰਧਾਰੀ ਅੰਧ ਸੁੰਞੀ ਨਾਮ ਵਿਹੂਣੀਆ ॥ ਨਾਨਕ ਸਫਲ ਜਨੰਮੁ ਜੈ ਘਟਿ ਵੁਠਾ ਸਚੁ ਧਣੀ ॥੧॥ ਛੰਤੁ ॥ ਤਿਨ ਖੰਨੀਐ ਵੰਞਾਂ ਜਿਨ ਮੇਰਾ ਹਰਿ ਪ੍ਰਭੁ ਡੀਠਾ ਰਾਮ ॥ ਜਨ ਚਾਖਿ ਅਘਾਣੇ ਹਰਿ ਹਰਿ ਅੰਮ੍ਰਿਤੁ ਮੀਠਾ ਰਾਮ ॥ ਹਰਿ ਮਨਹਿ ਮੀਠਾ ਪ੍ਰਭੂ ਤੂਠਾ ਅਮਿਉ ਵੂਠਾ ਸੁਖ ਭਏ ॥ ਦੁਖ ਨਾਸ ਭਰਮ ਬਿਨਾਸ ਤਨ ਤੇ ਜਪਿ ਜਗਦੀਸ ਈਸਹ ਜੈ ਜਏ ॥ ਮੋਹ ਰਹਤ ਬਿਕਾਰ ਥਾਕੇ ਪੰਚ ਤੇ ਸੰਗੁ ਤੂਟਾ ॥ ਕਹੁ ਨਾਨਕ ਤਿਨ ਖੰਨੀਐ ਵੰਞਾ ਜਿਨ ਘਟਿ ਮੇਰਾ ਹਰਿ ਪ੍ਰਭੁ ਵੂਠਾ ॥੩॥ {ਪੰਨਾ 577}

ਪਦਅਰਥ:- ਦੇਹ—ਸਰੀਰ । ਅੰਧਾਰੀ ਅੰਧ—(ਮੋਹ ਦੇ) ਹਨੇਰੇ ਵਿਚ ਅੰਨ੍ਹੀ । ਵਿਹੂਣੀਆ—ਸੱਖਣੀ । ਜੈ ਘਟਿ—ਜਿਸ ਦੇ ਹਿਰਦੇ ਵਿਚ । ਵੁਠਾ—ਆ ਵੱਸਿਆ । ਸਚੁ ਧਣੀ—ਸਦਾ ਕਾਇਮ ਰਹਿਣ ਵਾਲਾ ਮਾਲਕ-ਪ੍ਰਭੂ ।੧।

ਛੰਤੁ । ਵੰਞਾ—ਵੰਞਾਂ, ਮੈਂ ਜਾਂਦਾ ਹਾਂ । ਖੰਨੀਐ ਵੰਞਾਂ—ਮੈਂ ਟੋਟੇ ਟੋਟੇ ਹੋ ਕੇ ਸਦਕੇ ਜਾਂਦਾ ਹਾਂ । ਚਾਖਿ—(ਨਾਮ-ਰਸ) ਚੱਖ ਕੇ । ਅਘਾਣੇ—ਰੱਜ ਜਾਂਦੇ ਹਨ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ । ਮਨਹਿ—ਮਨ ਵਿਚ । ਤੂਠਾ—ਪ੍ਰਸੰਨ ਹੁੰਦਾ । ਅਮਿਉ—ਅੰਮ੍ਰਿਤ । ਤਨ ਤੇ—ਤਨ ਤੋਂ । ਜਗਦੀਸ—ਜਗਤ ਦਾ ਮਾਲਕ । ਈਸਹ ਜੈ ਜਏ—ਮਾਲਕ ਦੀ ਜੈ-ਜੈਕਾਰ । ਜਪਿ—ਜਪ ਕੇ,

ਆਖ ਕੇ । ਸੰਗੁ—ਸਾਥ । ਜਿਨ ਘਟਿ—ਜਿਨ੍ਹਾਂ ਦੇ ਹਿਰਦੇ ਵਿਚ ।੩।

ਅਰਥ:- ਹੇ ਭਾਈ! ਜੇਹੜਾ ਸਰੀਰ ਪਰਮਾਤਮਾ ਦੇ ਨਾਮ ਤੋਂ ਸੱਖਣਾ ਰਹਿੰਦਾ ਹੈ, ਉਹ ਮਾਇਆ ਦੇ ਮੋਹ ਦੇ ਹਨੇਰੇ ਵਿਚ ਅੰਨ੍ਹਾ ਹੋਇਆ ਰਹਿੰਦਾ ਹੈ । ਹੇ ਨਾਨਕ! ਉਸ ਮਨੁੱਖ ਦਾ ਜੀਵਨ ਕਾਮਯਾਬ ਹੈ ਜਿਸ ਦੇ ਹਿਰਦੇ ਵਿਚ ਸਦਾ ਕਾਇਮ ਰਹਿਣ ਵਾਲਾ ਮਾਲਕ-ਪ੍ਰਭੂ ਆ ਵੱਸਦਾ ਹੈ ।੧।

ਛੰਤੁ । ਮੈਂ ਉਹਨਾਂ ਮਨੁੱਖਾਂ ਤੋਂ ਸਦਕੇ-ਕੁਰਬਾਨ ਜਾਂਦਾ ਹਾਂ ਜਿਨ੍ਹਾਂ ਮੇਰੇ ਹਰੀ-ਪ੍ਰਭੂ ਦਾ ਦਰਸਨ ਕਰ ਲਿਆ ਹੈ । ਉਹ ਮਨੁੱਖ (ਪਰਮਾਤਮਾ ਦਾ ਨਾਮ-ਰਸ) ਚੱਖ ਕੇ (ਦੁਨੀਆ ਦੇ ਪਦਾਰਥਾਂ ਵੱਲੋਂ) ਰੱਜ ਜਾਂਦੇ ਹਨ, ਉਹਨਾਂ ਨੂੰ ਆਤਮਕ ਜੀਵਨ ਦੇਣ ਵਾਲਾ ਪਰਮਾਤਮਾ ਦਾ ਨਾਮ-ਜਲ ਮਿੱਠਾ ਲੱਗਦਾ ਹੈ । ਪਰਮਾਤਮਾ ਉਹਨਾਂ ਨੂੰ ਆਪਣੇ ਮਨ ਵਿਚ ਪਿਆਰਾ ਲੱਗਦਾ ਹੈ, ਪਰਮਾਤਮਾ ਉਹਨਾਂ ਉਤੇ ਪ੍ਰਸੰਨ ਹੋ ਜਾਂਦਾ ਹੈ, ਉਹਨਾਂ ਦੇ ਅੰਦਰ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਆ ਵੱਸਦਾ ਹੈ, ਉਹਨਾਂ ਨੂੰ ਸਾਰੇ ਆਨੰਦ ਪ੍ਰਾਪਤ ਹੋ ਜਾਂਦੇ ਹਨ । ਜਗਤ ਦੇ ਮਾਲਕ-ਪ੍ਰਭੂ ਦੀ ਜੈ-ਜੈਕਾਰ ਆਖ ਆਖ ਕੇ ਉਹਨਾਂ ਦੇ ਸਰੀਰ ਤੋਂ ਦੁੱਖ ਤੇ ਭਰਮ ਦੂਰ ਹੋ ਜਾਂਦੇ ਹਨ । ਉਹ ਮਨੁੱਖ ਮੋਹ ਤੋਂ ਰਹਿਤ ਹੋ ਜਾਂਦੇ ਹਨ, ਉਹਨਾਂ ਦੇ ਅੰਦਰੋਂ ਵਿਕਾਰ ਮੁੱਕ ਜਾਂਦੇ ਹਨ, ਕਾਮਾਦਿਕ ਪੰਜਾਂ ਨਾਲੋਂ ਉਹਨਾਂ ਦਾ ਸਾਥ ਟੁੱਟ ਜਾਂਦਾ ਹੈ ।

ਹੇ ਨਾਨਕ! ਆਖ—ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਮੇਰਾ ਹਰੀ-ਪ੍ਰਭੂ ਆ ਵੱਸਿਆ ਹੈ ਮੈਂ ਉਹਨਾਂ ਤੋਂ ਸਦਕੇ-ਕੁਰਬਾਨ ਜਾਂਦਾ ਹਾਂ ।੩।

ਸਲੋਕੁ ॥ ਜੋ ਲੋੜੀਦੇ ਰਾਮ ਸੇਵਕ ਸੇਈ ਕਾਂਢਿਆ ॥ ਨਾਨਕ ਜਾਣੇ ਸਤਿ ਸਾਂਈ ਸੰਤ ਨ ਬਾਹਰਾ ॥੧॥ ਛੰਤੁ ॥ ਮਿਲਿ ਜਲੁ ਜਲਹਿ ਖਟਾਨਾ ਰਾਮ ॥ ਸੰਗਿ ਜੋਤੀ ਜੋਤਿ ਮਿਲਾਨਾ ਰਾਮ ॥ ਸੰਮਾਇ ਪੂਰਨ ਪੁਰਖ ਕਰਤੇ ਆਪਿ ਆਪਹਿ ਜਾਣੀਐ ॥ ਤਹ ਸੁੰਨਿ ਸਹਜਿ ਸਮਾਧਿ ਲਾਗੀ ਏਕੁ ਏਕੁ ਵਖਾਣੀਐ ॥ ਆਪਿ ਗੁਪਤਾ ਆਪਿ ਮੁਕਤਾ ਆਪਿ ਆਪੁ ਵਖਾਨਾ ॥ ਨਾਨਕ ਭ੍ਰਮ ਭੈ ਗੁਣ ਬਿਨਾਸੇ ਮਿਲਿ ਜਲੁ ਜਲਹਿ ਖਟਾਨਾ ॥੪॥੨॥ {ਪੰਨਾ 578}

ਪਦਅਰਥ:- ਲੋੜੀਦੇ ਰਾਮ—ਰਾਮ ਨੂੰ ਚੰਗੇ ਲੱਗਦੇ ਹਨ । ਸੇਈ—ਉਹੀ {ਬਹੁ-ਵਚਨ} । ਕਾਂਢਿਆ—ਅਖਵਾਂਦੇ ਹਨ । ਜਾਣੇ—ਜਾਣਿ, ਸਮਝ । ਸਤਿ—ਸੱਚ । ਬਾਹਰਾ—ਵੱਖਰਾ ।੧।

ਛੰਤੁ । ਮਿਲਿ—ਮਿਲ ਕੇ । ਜਲਹਿ—ਜਲ ਵਿਚ । ਖਟਾਨਾ—ਇੱਕ-ਰੂਪ ਹੋ ਜਾਂਦਾ ਹੈ । ਸੰਗਿ—ਨਾਲ । ਜੋਤੀ—ਪਰਮਾਤਮਾ । ਜੋਤਿ—ਜੀਵ ਦੀ ਆਤਮਾ । ਸੰਮਾਇ—ਸਮਾ ਲਏ ਹਨ, ਮਿਲਾ ਲਏ ਹਨ । ਕਰਤੇ—ਕਰਤਾਰ ਨੇ । ਆਪਹਿ—ਆਪ ਹੀ । ਜਾਣੀਐ—ਜਾਣਿਆ ਜਾਂਦਾ ਹੈ । ਤਹ—ਉਥੇ, ਉਹਨਾਂ ਦੇ ਹਿਰਦੇ ਵਿਚ । ਸੁੰਨਿ—ਵਿਕਾਰਾਂ ਵਲੋਂ ਸੁੰਞ । ਸਹਜਿ—ਆਤਮਕ ਅਡੋਲਤਾ ਵਿਚ । ਵਖਾਣੀਐ—ਵਖਾਣਿਆ ਜਾਂਦਾ ਹੈ, ਸਿਫ਼ਤਿ-ਸਾਲਾਹ ਹੁੰਦੀ ਹੈ । ਗੁਪਤਾ—ਲੁਕਿਆ ਹੋਇਆ । ਮੁਕਤਾ—ਮਾਇਆ ਦੇ ਮੋਹ ਤੋਂ ਰਹਿਤ । ਆਪੁ—ਆਪਣੇ ਆਪ ਨੂੰ {ਲਫ਼ਜ਼ 'ਆਪਿ' ਅਤੇ 'ਆਪੁ' ਦਾ ਫ਼ਰਕ ਵੇਖੋ} । ਗੁਣ—ਮਾਇਆ ਦੇ ਤਿੰਨ ਗੁਣ ।੪।

ਅਰਥ:- ਹੇ ਨਾਨਕ! ਜੇਹੜੇ ਮਨੁੱਖ ਪਰਮਾਤਮਾ ਨੂੰ ਪਿਆਰੇ ਲੱਗਦੇ ਹਨ, ਉਹੀ (ਅਸਲ) ਸੇਵਕ ਅਖਵਾਂਦੇ ਹਨ । (ਹੇ ਭਾਈ!) ਸੱਚ ਜਾਣ, ਮਾਲਕ-ਪ੍ਰਭੂ ਸੰਤਾਂ ਨਾਲੋਂ ਵੱਖਰਾ ਨਹੀਂ ਹੈ ।੧।

ਛੰਤੁ । (ਹੇ ਭਾਈ! ਜਿਵੇਂ) ਪਾਣੀ ਪਾਣੀ ਵਿਚ ਮਿਲ ਕੇ ਇਕ-ਰੂਪ ਹੋ ਜਾਂਦਾ ਹੈ (ਤਿਵੇਂ ਸੇਵਕ ਦੀ) ਆਤਮਾ ਪਰਮਾਤਮਾ ਦੇ ਨਾਲ ਮਿਲੀ ਰਹਿੰਦੀ ਹੈ । ਪੂਰਨ ਸਰਬ-ਵਿਆਪਕ ਕਰਤਾਰ ਨੇ ਜਿਸ ਸੇਵਕ ਨੂੰ ਆਪਣੇ ਵਿਚ ਲੀਨ ਕਰ ਲਿਆ, ਉਸ ਦੇ ਅੰਦਰ ਇਹ ਸੂਝ ਪੈਦਾ ਹੋ ਜਾਂਦੀ ਹੈ ਕਿ (ਹਰ ਥਾਂ) ਪਰਮਾਤਮਾ ਆਪ ਹੀ ਆਪ ਹੈ, ਉਸ ਦੇ ਹਿਰਦੇ ਵਿਚ (ਵਿਕਾਰਾਂ ਵਲੋਂ) ਸੁੰਞ ਹੋ ਜਾਂਦੀ ਹੈ, ਆਤਮਕ ਅਡੋਲਤਾ ਵਿਚ ਉਸ ਦੀ ਸਮਾਧੀ ਲੱਗੀ ਰਹਿੰਦੀ ਹੈ, ਉਸ ਦੇ ਹਿਰਦੇ ਵਿਚ ਇਕ ਪਰਮਾਤਮਾ ਦੀ ਹੀ ਸਿਫ਼ਤਿ-ਸਾਲਾਹ ਹੁੰਦੀ ਰਹਿੰਦੀ ਹੈ । (ਉਸ ਨੂੰ ਨਿਸ਼ਚਾ ਬਣਿਆ ਰਹਿੰਦਾ ਹੈ ਕਿ) ਪਰਮਾਤਮਾ ਸਾਰੇ ਸੰਸਾਰ ਵਿਚ ਆਪ ਹੀ ਲੁਕਿਆ ਹੋਇਆ ਹੈ, ਫਿਰ ਭੀ ਉਹ ਆਪ ਮਾਇਆ ਦੇ ਮੋਹ ਤੋਂ ਰਹਿਤ ਹੈ (ਹਰ ਥਾਂ ਵਿਆਪਕ ਹੋਣ ਕਰਕੇ) ਉਹ ਆਪ ਹੀ ਆਪਣੇ ਆਪ ਨੂੰ ਸਿਮਰ ਰਿਹਾ ਹੈ । ਹੇ ਨਾਨਕ! ਉਸ ਮਨੁੱਖ ਦੇ ਅੰਦਰੋਂ ਭਰਮ ਡਰ ਤੇ ਮਾਇਆ ਦੇ ਤਿੰਨ ਗੁਣ ਨਾਸ ਹੋ ਜਾਂਦੇ ਹਨ, (ਉਹ ਇਉਂ ਪਰਮਾਤਮਾ ਨਾਲ ਇਕ-ਰੂਪ ਹੋਇਆ ਰਹਿੰਦਾ ਹੈ, ਜਿਵੇਂ) ਪਾਣੀ ਪਾਣੀ ਵਿੱਚ ਮਿਲ ਕੇ ਇਕ ਰੂਪ ਹੋ ਜਾਂਦਾ ਹੈ ।੪।੨।

ਵਡਹੰਸੁ ਮਹਲਾ ੫ ॥ ਪ੍ਰਭ ਕਰਣ ਕਾਰਣ ਸਮਰਥਾ ਰਾਮ ॥ ਰਖੁ ਜਗਤੁ ਸਗਲ ਦੇ ਹਥਾ ਰਾਮ ॥ ਸਮਰਥ ਸਰਣਾ ਜੋਗੁ ਸੁਆਮੀ ਕ੍ਰਿਪਾ ਨਿਧਿ ਸੁਖਦਾਤਾ ॥ ਹੰਉ ਕੁਰਬਾਣੀ ਦਾਸ ਤੇਰੇ ਜਿਨੀ ਏਕੁ ਪਛਾਤਾ ॥ ਵਰਨੁ ਚਿਹਨੁ ਨ ਜਾਇ ਲਖਿਆ ਕਥਨ ਤੇ ਅਕਥਾ ॥ ਬਿਨਵੰਤਿ ਨਾਨਕ ਸੁਣਹੁ ਬਿਨਤੀ ਪ੍ਰਭ ਕਰਣ ਕਾਰਣ ਸਮਰਥਾ ॥੧॥ {ਪੰਨਾ 578}

ਪਦਅਰਥ:- ਕਰਣ—ਸ੍ਰਿਸ਼ਟੀ । ਕਾਰਣ—ਮੂਲ । ਸਮਰਥਾ—ਸਭ ਤਾਕਤਾਂ ਵਾਲਾ । ਸਗਲ—ਸਾਰਾ । ਦੇ—ਦੇ ਕੇ । ਸਰਣਾ ਜੋਗੁ—ਸਰਨ ਆਏ ਦੀ ਸਹਾਇਤਾ ਕਰ ਸਕਣ ਵਾਲਾ । ਨਿਧਿ—ਖ਼ਜ਼ਾਨਾ । ਹੰਉ—ਮੈਂ । ਜਿਨੀ—ਜਿਨ੍ਹਾਂ ਨੇ । ਵਰਨੁ—ਰੰਗ । ਚਿਹਨੁ—ਨਿਸ਼ਾਨ । ਕਥਨ ਤੇ—ਬਿਆਨ ਤੋਂ ।੧।

ਅਰਥ:- ਹੇ ਜਗਤ ਦੇ ਮੂਲ ਪ੍ਰਭੂ! ਹੇ ਸਭ ਤਾਕਤਾਂ ਦੇ ਮਾਲਕ! (ਆਪਣਾ) ਹੱਥ ਦੇ ਕੇ ਸਾਰੇ ਜਗਤ ਦੀ ਰੱਖਿਆ ਕਰ । ਹੇ ਸਭ-ਤਾਕਤਾਂ ਦੇ ਮਾਲਕ! ਹੇ ਸਰਨ ਪਏ ਦੀ ਸਹਾਇਤਾ ਕਰ ਸਕਣ ਵਾਲੇ ਮਾਲਕ! ਹੇ ਕਿਰਪਾ ਦੇ ਖ਼ਜ਼ਾਨੇ! ਹੇ ਸੁਖਦਾਤੇ! ਮੈਂ ਤੇਰੇ ਉਹਨਾਂ ਸੇਵਕਾਂ ਤੋਂ ਸਦਕੇ ਜਾਂਦਾ ਹਾਂ ਜਿਨ੍ਹਾਂ ਨੇ ਤੇਰੇ ਨਾਲ ਸਾਂਝ ਪਾਈ ਹੈ । ਹੇ ਪ੍ਰਭੂ! ਤੇਰਾ ਕੋਈ ਰੰਗ ਤੇਰਾ ਕੋਈ ਨਿਸ਼ਾਨ ਦੱਸਿਆ ਨਹੀਂ ਜਾ ਸਕਦਾ, ਤੇਰਾ ਸਰੂਪ ਬਿਆਨ ਤੋਂ ਬਾਹਰ ਹੈ । ਨਾਨਕ ਬੇਨਤੀ ਕਰਦਾ ਹੈ—ਹੇ ਪ੍ਰਭੂ! ਹੇ ਜਗਤ ਦੇ ਮੂਲ! ਹੇ ਸਭ ਤਾਕਤਾਂ ਦੇ ਮਾਲਕ! ਮੇਰੀ ਬੇਨਤੀ ਸੁਣ ।੧।

ਏਹਿ ਜੀਅ ਤੇਰੇ ਤੂ ਕਰਤਾ ਰਾਮ ॥ ਪ੍ਰਭ ਦੂਖ ਦਰਦ ਭ੍ਰਮ ਹਰਤਾ ਰਾਮ ॥ ਭ੍ਰਮ ਦੂਖ ਦਰਦ ਨਿਵਾਰਿ ਖਿਨ ਮਹਿ ਰਖਿ ਲੇਹੁ ਦੀਨ ਦੈਆਲਾ ॥ ਮਾਤ ਪਿਤਾ ਸੁਆਮਿ ਸਜਣੁ ਸਭੁ ਜਗਤੁ ਬਾਲ ਗੋਪਾਲਾ ॥ ਜੋ ਸਰਣਿ ਆਵੈ ਗੁਣ ਨਿਧਾਨ ਪਾਵੈ ਸੋ ਬਹੁੜਿ ਜਨਮਿ ਨ ਮਰਤਾ ॥ ਬਿਨਵੰਤਿ ਨਾਨਕ ਦਾਸੁ ਤੇਰਾ ਸਭਿ ਜੀਅ ਤੇਰੇ ਤੂ ਕਰਤਾ ॥੨॥ {ਪੰਨਾ 578}

ਪਦਅਰਥ:- ਏਹਿ—{ਲਫ਼ਜ਼ 'ਏਹ' ਤੋਂ ਬਹੁ-ਵਚਨ} । ਜੀਅ—{ਲਫ਼ਜ਼ 'ਜੀਉ' ਤੋਂ ਬਹੁ-ਵਚਨ} । ਹਰਤਾ—ਰਹਿਤ ਕਰਨ ਵਾਲਾ, ਬਚਾਣ ਵਾਲਾ । ਨਿਵਾਰਿ—ਦੂਰ ਕਰ ਕੇ । ਰਖਿ ਲੇਹੁ—ਬਚਾ ਲੈਂਦਾ ਹੈਂ । ਦੀਨ ਦੈਆਲ—ਦੀਨਾਂ ਉਤੇ ਦਇਆ ਕਰਨ ਵਾਲੇ! ਸੁਆਮੀ—ਮਾਲਕ । ਗੋਪਾਲਾ—ਹੇ ਗੋਪਾਲ!

ਨਿਧਾਨ—ਖ਼ਜ਼ਾਨੇ । ਬਹੁੜਿ—ਮੁੜ । ਸਭਿ—ਸਾਰੇ ।੨।

ਅਰਥ:- ਹੇ ਪ੍ਰਭੂ! (ਸੰਸਾਰ ਦੇ) ਇਹ ਸਾਰੇ ਜੀਵ ਤੇਰੇ ਹਨ, ਤੂੰ ਇਹਨਾਂ ਦਾ ਪੈਦਾ ਕਰਨ ਵਾਲਾ ਹੈਂ, ਤੂੰ ਸਭ ਜੀਵਾਂ ਨੂੰ ਦੁੱਖਾਂ ਕਲੇਸ਼ਾਂ ਭਰਮਾਂ ਤੋਂ ਬਚਾਣ ਵਾਲਾ ਹੈਂ । ਹੇ ਦੀਨਾਂ ਉਤੇ ਦਇਆ ਕਰਨ ਵਾਲੇ! ਤੂੰ (ਸਾਰੇ ਜੀਵਾਂ ਦੇ) ਭਰਮ ਦੁੱਖ ਕਲੇਸ਼ ਇਕ ਖਿਨ ਵਿਚ ਦੂਰ ਕਰ ਕੇ ਬਚਾ ਲੈਂਦਾ ਹੈਂ । ਹੇ ਗੋਪਾਲ! ਤੂੰ (ਸਭ ਜੀਵਾਂ ਦਾ) ਮਾਂ ਪਿਉ ਮਾਲਕ ਤੇ ਸੱਜਣ ਹੈਂ, ਸਾਰਾ ਜਗਤ ਤੇਰੇ ਬੱਚੇ ਹਨ । ਹੇ ਪ੍ਰਭੂ! ਜੇਹੜਾ ਜੀਵ ਤੇਰੀ ਸਰਨ ਆਉਂਦਾ ਹੈ ਉਹ (ਤੇਰੇ ਦਰ ਤੋਂ ਤੇਰੇ) ਗੁਣਾਂ ਦੇ ਖ਼ਜ਼ਾਨੇ ਹਾਸਲ ਕਰ ਲੈਂਦਾ ਹੈ, ਉਹ ਮੁੜ ਨਾਹ ਜੰਮਦਾ ਹੈ ਨਾਹ ਮਰਦਾ ਹੈ । ਹੇ ਪ੍ਰਭੂ! ਤੇਰਾ ਦਾਸ ਨਾਨਕ ਬੇਨਤੀ ਕਰਦਾ ਹੈ—ਜਗਤ ਦੇ ਸਾਰੇ ਜੀਵ ਤੇਰੇ ਹਨ, ਤੂੰ ਸਭ ਦਾ ਪੈਦਾ ਕਰਨ ਵਾਲਾ ਹੈਂ ।੨।

ਆਠ ਪਹਰ ਹਰਿ ਧਿਆਈਐ ਰਾਮ ॥ ਮਨ ਇਛਿਅੜਾ ਫਲੁ ਪਾਈਐ ਰਾਮ ॥ ਮਨ ਇਛ ਪਾਈਐ ਪ੍ਰਭੁ ਧਿਆਈਐ ਮਿਟਹਿ ਜਮ ਕੇ ਤ੍ਰਾਸਾ ॥ ਗੋਬਿਦੁ ਗਾਇਆ ਸਾਧ ਸੰਗਾਇਆ ਭਈ ਪੂਰਨ ਆਸਾ ॥ ਤਜਿ ਮਾਨੁ ਮੋਹੁ ਵਿਕਾਰ ਸਗਲੇ ਪ੍ਰਭੂ ਕੈ ਮਨਿ ਭਾਈਐ ॥ ਬਿਨਵੰਤਿ ਨਾਨਕ ਦਿਨਸੁ ਰੈਣੀ ਸਦਾ ਹਰਿ ਹਰਿ ਧਿਆਈਐ ॥੩॥ {ਪੰਨਾ 578}

ਪਦਅਰਥ:- ਧਿਆਈਐ—ਸਿਮਰਨਾ ਚਾਹੀਦਾ ਹੈ । ਇਛਿਅੜਾ—ਚਿਤਵਿਆ । ਪਾਈਐ—ਪਾ ਲਈਦਾ ਹੈ । ਮਨ ਇਛ—ਮਨ ਦੀ ਕਾਮਨਾ । ਮਿਟਹਿ—ਮਿਟ ਜਾਂਦੇ ਹਨ । ਤ੍ਰਾਸਾ—ਡਰ । ਸਾਧ ਸੰਗਾਇਆ—ਸਾਧ ਸੰਗਤਿ ਵਿਚ । ਤਜਿ—ਤਜ ਕੇ, ਤਿਆਗ ਕੇ । ਸਗਲੇ—ਸਾਰੇ । ਮਨਿ—ਮਨ ਵਿਚ । ਭਾਈਐ—ਭਾ ਜਾਈਦਾ ਹੈ, ਪਿਆਰਾ ਲੱਗ ਪਈਦਾ ਹੈ । ਰੈਣੀ—ਰਾਤ ।੩।

ਅਰਥ:- ਹੇ ਭਾਈ! ਅੱਠੇ ਪਹਰ (ਹਰ ਵੇਲੇ) ਪਰਮਾਤਮਾ ਦਾ ਸਿਮਰਨ ਕਰਨਾ ਚਾਹੀਦਾ ਹੈ, (ਸਿਮਰਨ ਦੀ ਬਰਕਤਿ ਨਾਲ ਪ੍ਰਭੂ ਦੇ ਦਰ ਤੋਂ) ਮਨ-ਚਿਤਵਿਆ ਫਲ ਪ੍ਰਾਪਤ ਕਰ ਲਈਦਾ ਹੈ । ਹੇ ਭਾਈ ਪਰਮਾਤਮਾ ਦਾ ਸਿਮਰਨ ਕਰਨਾ ਚਾਹੀਦਾ ਹੈ, (ਸਿਮਰਨ ਕੀਤਿਆਂ) ਮਨੋ-ਕਾਮਨਾ ਹਾਸਲ ਕਰ ਲਈਦੀ ਹੈ, ਜਮਰਾਜ ਦੇ ਸਾਰੇ ਸਹਮ ਭੀ ਮੁੱਕ ਜਾਂਦੇ ਹਨ । ਹੇ ਭਾਈ! ਜਿਸ ਮਨੁੱਖ ਨੇ ਸਾਧ ਸੰਗਤਿ ਵਿਚ ਜਾ ਕੇ ਗੋਬਿੰਦ ਦੀ ਸਿਫ਼ਤਿ-ਸਾਲਾਹ ਕੀਤੀ, ਉਸ ਦੀ (ਹਰੇਕ) ਆਸ ਪੂਰੀ ਹੋ ਗਈ । ਹੇ ਭਾਈ! ਅਹੰਕਾਰ, ਮੋਹ, ਸਾਰੇ ਵਿਕਾਰ ਦੂਰ ਕਰ ਕੇ ਪਰਮਾਤਮਾ ਦੇ ਮਨ ਵਿਚ ਭਾ ਜਾਈਦਾ ਹੈ । ਨਾਨਕ ਬੇਨਤੀ ਕਰਦਾ ਹੈ—ਹੇ ਭਾਈ! ਦਿਨ ਰਾਤ ਸਦਾ ਪਰਮਾਤਮਾ ਦਾ ਸਿਮਰਨ ਕਰਨਾ ਚਾਹੀਦਾ ਹੈ ।੩।

ਦਰਿ ਵਾਜਹਿ ਅਨਹਤ ਵਾਜੇ ਰਾਮ ॥ ਘਟਿ ਘਟਿ ਹਰਿ ਗੋਬਿੰਦੁ ਗਾਜੇ ਰਾਮ ॥ ਗੋਵਿਦ ਗਾਜੇ ਸਦਾ ਬਿਰਾਜੇ ਅਗਮ ਅਗੋਚਰੁ ਊਚਾ ॥ ਗੁਣ ਬੇਅੰਤ ਕਿਛੁ ਕਹਣੁ ਨ ਜਾਈ ਕੋਇ ਨ ਸਕੈ ਪਹੂਚਾ ॥ ਆਪਿ ਉਪਾਏ ਆਪਿ ਪ੍ਰਤਿਪਾਲੇ ਜੀਅ ਜੰਤ ਸਭਿ ਸਾਜੇ ॥ ਬਿਨਵੰਤਿ ਨਾਨਕ ਸੁਖੁ ਨਾਮਿ ਭਗਤੀ ਦਰਿ ਵਜਹਿ ਅਨਹਦ ਵਾਜੇ ॥੪॥੩॥ {ਪੰਨਾ 578}

ਪਦਅਰਥ:- ਦਰਿ—ਦਰ ਵਿਚ, ਹਿਰਦੇ ਵਿਚ । ਵਾਜਹਿ—ਵੱਜਦੇ ਹਨ । ਅਨਹਦ—ਇਕ-ਰਸ, ਲਗਾਤਾਰ, ਹਰ ਵੇਲੇ । ਵਾਜੇ—ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਵਾਜੇ । ਘਟਿ ਘਟਿ—ਹਰੇਕ ਘਟ ਵਿਚ । ਗਾਜੇ—ਗੱਜਦਾ (ਦਿੱਸਦਾ ਹੈ), ਪ੍ਰਤੱਖ ਵੱਸਦਾ ਦਿੱਸਦਾ ਹੈ । ਬਿਰਾਜੇ—ਵੱਸਦਾ । ਅਗਮ—ਅਪਹੁੰਚ । ਅਗੋਚਰੁ—(ਅ-ਗੋ-ਚਰੁ । ਗੋ—ਗਿਆਨ-ਇੰਦ੍ਰੇ । ਚਰੁ—ਪਹੁੰਚ) ਜਿਸ ਤਕ ਗਿਆਨ-ਇੰਦ੍ਰਿਆਂ

ਦੀ ਪਹੁੰਚ ਨਾਹ ਹੋ ਸਕੇ । ਨ ਸਕੈ ਪਹੁਚਾ—ਪਹੁੰਚ ਨਹੀਂ ਸਕਦਾ । ਉਪਾਏ—ਪੈਦਾ ਕਰਦਾ ਹੈ । ਪ੍ਰਤਿਪਾਲੇ—ਪਾਲਣਾ ਕਰਦਾ ਹੈ । ਸਭਿ—ਸਾਰੇ । ਨਾਮਿ—ਨਾਮ ਵਿਚ (ਜੁੜਿਆਂ) । ਵਜਹਿ—ਵੱਜਦੇ ਹਨ ।੪।

ਅਰਥ:- (ਹੇ ਭਾਈ! ਜਿਸ ਮਨੁੱਖ ਦੇ) ਹਿਰਦੇ ਵਿਚ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਵਾਜੇ ਸਦਾ ਵੱਜਦੇ ਹਨ, (ਜਿਸ ਮਨੁੱਖ ਦੇ ਹਿਰਦੇ ਵਿਚ ਸਿਫ਼ਤਿ-ਸਾਲਾਹ ਦਾ ਪ੍ਰਭਾਵ ਪ੍ਰਬਲ ਰਹਿੰਦਾ ਹੈ) ਉਸ ਨੂੰ ਪਰਮਾਤਮਾ ਹਰੇਕ ਸਰੀਰ ਵਿਚ ਪ੍ਰਤੱਖ ਵੱਸਦਾ ਦਿੱਸਦਾ ਹੈ ।

ਹੇ ਭਾਈ! ਪਰਮਾਤਮਾ ਸਦਾ ਹਰੇਕ ਸਰੀਰ ਵਿਚ ਪ੍ਰਤੱਖ ਵੱਸ ਰਿਹਾ ਹੈ, ਪਰ (ਕਿਸੇ ਚਤੁਰਾਈ ਸਿਆਣਪ ਦੇ ਆਸਰੇ) ਉਸ ਤਕ ਪਹੁੰਚ ਨਹੀਂ ਹੋ ਸਕਦੀ, ਉਸ ਤਕ ਮਨੁੱਖ ਦੇ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੈ, ਉਹ ਸਭ ਤੋਂ ਉੱਚਾ ਹੈ । ਹੇ ਭਾਈ! ਪਰਮਾਤਮਾ ਵਿਚ ਬੇਅੰਤ ਗੁਣ ਹਨ, ਉਸ ਦੇ ਸਰੂਪ ਬਾਰੇ ਕੁਝ ਕਿਹਾ ਨਹੀਂ ਜਾ ਸਕਦਾ, ਕੋਈ ਮਨੁੱਖ ਉਸ ਦੇ ਗੁਣਾਂ ਦੇ ਅਖ਼ੀਰ ਤਕ ਨਹੀਂ ਪਹੁੰਚ ਸਕਦਾ ।

ਹੇ ਭਾਈ! ਪਰਮਾਤਮਾ ਆਪ ਸਭ ਨੂੰ ਪੈਦਾ ਕਰਦਾ ਹੈ, ਆਪ ਹੀ ਪਾਲਣਾ ਕਰਦਾ ਹੈ, ਸਾਰੇ ਜੀਅ ਜੰਤ ਉਸ ਨੇ ਆਪ ਹੀ ਬਣਾਏ ਹੋਏ ਹਨ । ਨਾਨਕ ਬੇਨਤੀ ਕਰਦਾ ਹੈ ਪਰਮਾਤਮਾ ਦੇ ਨਾਮ ਵਿਚ ਜੁੜਿਆਂ ਪਰਮਾਤਮਾ ਦੀ ਭਗਤੀ ਕੀਤਿਆਂ ਆਨੰਦ ਪ੍ਰਾਪਤ ਹੁੰਦਾ ਹੈ, ਹਿਰਦੇ ਵਿਚ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਇਕ-ਰਸ, ਮਾਨੋ ਵਾਜੇ ਵੱਜ ਪੈਂਦੇ ਹਨ ।੪।੩।

ਰਾਗੁ ਵਡਹੰਸੁ ਮਹਲਾ ੧ ਘਰੁ ੫ ਅਲਾਹਣੀਆ ੴ ਸਤਿਗੁਰ ਪ੍ਰਸਾਦਿ ॥ ਧੰਨੁ ਸਿਰੰਦਾ ਸਚਾ ਪਾਤਿਸਾਹੁ ਜਿਨਿ ਜਗੁ ਧੰਧੈ ਲਾਇਆ ॥ ਮੁਹਲਤਿ ਪੁਨੀ ਪਾਈ ਭਰੀ ਜਾਨੀਅੜਾ ਘਤਿ ਚਲਾਇਆ ॥ ਜਾਨੀ ਘਤਿ ਚਲਾਇਆ ਲਿਖਿਆ ਆਇਆ ਰੁੰਨੇ ਵੀਰ ਸਬਾਏ ॥ ਕਾਂਇਆ ਹੰਸ ਥੀਆ ਵੇਛੋੜਾ ਜਾਂ ਦਿਨ ਪੁੰਨੇ ਮੇਰੀ ਮਾਏ ॥ ਜੇਹਾ ਲਿਖਿਆ ਤੇਹਾ ਪਾਇਆ ਜੇਹਾ ਪੁਰਬਿ ਕਮਾਇਆ ॥ ਧੰਨੁ ਸਿਰੰਦਾ ਸਚਾ ਪਾਤਿਸਾਹੁ ਜਿਨਿ ਜਗੁ ਧੰਧੈ ਲਾਇਆ ॥੧॥ ਸਾਹਿਬੁ ਸਿਮਰਹੁ ਮੇਰੇ ਭਾਈਹੋ ਸਭਨਾ ਏਹੁ ਪਇਆਣਾ ॥ ਏਥੈ ਧੰਧਾ ਕੂੜਾ ਚਾਰਿ ਦਿਹਾ ਆਗੈ ਸਰਪਰ ਜਾਣਾ ॥ ਆਗੈ ਸਰਪਰ ਜਾਣਾ ਜਿਉ ਮਿਹਮਾਣਾ ਕਾਹੇ ਗਾਰਬੁ ਕੀਜੈ ॥ ਜਿਤੁ ਸੇਵਿਐ ਦਰਗਹ ਸੁਖੁ ਪਾਈਐ ਨਾਮੁ ਤਿਸੈ ਕਾ ਲੀਜੈ ॥ ਆਗੈ ਹੁਕਮੁ ਨ ਚਲੈ ਮੂਲੇ ਸਿਰਿ ਸਿਰਿ ਕਿਆ ਵਿਹਾਣਾ ॥ ਸਾਹਿਬੁ ਸਿਮਰਿਹੁ ਮੇਰੇ ਭਾਈਹੋ ਸਭਨਾ ਏਹੁ ਪਇਆਣਾ ॥੨॥ ਜੋ ਤਿਸੁ ਭਾਵੈ ਸੰਮ੍ਰਥ ਸੋ ਥੀਐ ਹੀਲੜਾ ਏਹੁ ਸੰਸਾਰੋ ॥ ਜਲਿ ਥਲਿ ਮਹੀਅਲਿ ਰਵਿ ਰਹਿਆ ਸਾਚੜਾ ਸਿਰਜਣਹਾਰੋ ॥ ਸਾਚਾ ਸਿਰਜਣਹਾਰੋ ਅਲਖ ਅਪਾਰੋ ਤਾ ਕਾ ਅੰਤੁ ਨ ਪਾਇਆ ॥ ਆਇਆ ਤਿਨ ਕਾ ਸਫਲੁ ਭਇਆ ਹੈ ਇਕ ਮਨਿ ਜਿਨੀ ਧਿਆਇਆ ॥ ਢਾਹੇ ਢਾਹਿ ਉਸਾਰੇ ਆਪੇ ਹੁਕਮਿ ਸਵਾਰਣਹਾਰੋ ॥ ਜੋ ਤਿਸੁ ਭਾਵੈ ਸੰਮ੍ਰਥ ਸੋ ਥੀਐ ਹੀਲੜਾ ਏਹੁ ਸੰਸਾਰੋ ॥੩॥ ਨਾਨਕ ਰੁੰਨਾ ਬਾਬਾ ਜਾਣੀਐ ਜੇ ਰੋਵੈ ਲਾਇ ਪਿਆਰੋ ॥ ਵਾਲੇਵੇ ਕਾਰਣਿ ਬਾਬਾ ਰੋਈਐ ਰੋਵਣੁ ਸਗਲ ਬਿਕਾਰੋ ॥ ਰੋਵਣੁ ਸਗਲ ਬਿਕਾਰੋ ਗਾਫਲੁ ਸੰਸਾਰੋ ਮਾਇਆ

ਕਾਰਣਿ ਰੋਵੈ ॥ ਚੰਗਾ ਮੰਦਾ ਕਿਛੁ ਸੂਝੈ ਨਾਹੀ ਇਹੁ ਤਨੁ ਏਵੈ ਖੋਵੈ ॥ ਐਥੈ ਆਇਆ ਸਭੁ ਕੋ ਜਾਸੀ ਕੂੜਿ ਕਰਹੁ ਅਹੰਕਾਰੋ ॥ ਨਾਨਕ ਰੁੰਨਾ ਬਾਬਾ ਜਾਣੀਐ ਜੇ ਰੋਵੈ ਲਾਇ ਪਿਆਰੋ ॥੪॥੧॥ {ਪੰਨਾ 578-579}

ਅਲਾਹਣੀਆ—ਕਿਸੇ ਦੇ ਮਰਨ ਤੇ ਗਾਏ ਜਾਣ ਵਾਲੇ ਗੀਤ । ਜਦੋਂ ਕੋਈ ਪ੍ਰਾਣੀ ਮਰਦਾ ਹੈ ਤਾਂ ਭਾਈਚਾਰੇ ਦੀਆਂ ਜ਼ਨਾਨੀਆਂ ਮਿਲ ਕੇ ਰੋਂਦੀਆਂ ਹਨ । ਮਿਰਾਸਣ ਉਸ ਮਰੇ ਪ੍ਰਾਣੀ ਦੀ ਸਿਫ਼ਤਿ ਵਿਚ ਕਵਿਤਾ ਜਿਹੀ ਵਾਂਗ ਕੋਈ ਤੁਕ ਸੁਰ ਵਿਚ ਪੜ੍ਹਦੀ ਹੈ, ਉਸ ਦੇ ਪਿੱਛੇ ਪਿੱਛੇ ਉਹੀ ਤੁਕ ਸਾਰੀਆਂ ਜ਼ਨਾਨੀਆਂ ਰਲ ਕੇ ਸੁਰ ਵਿਚ ਹੀ ਪੜ੍ਹਦੀਆਂ ਹਨ ਤੇ ਨਾਲ ਨਾਲ ਥੋੜਾ ਪਿੱਟਦੀਆਂ ਹਨ । ਉਹ ਪਿੱਟਣਾ ਭੀ ਤਾਲ-ਸਿਰ ਹੁੰਦਾ ਹੈ । ਮਿਰਾਸਣ ਦੇ ਉਸ ਗੀਤ ਨੂੰ 'ਅਲਾਹਣੀਆਂ' ਕਿਹਾ ਜਾਂਦਾ ਹੈ । ਸਤਿਗੁਰੂ ਜੀ ਇਸ ਰੋਣ ਪਿੱਟਣ ਵਲੋਂ ਵਰਜ ਕੇ ਪਰਮਾਤਮਾ ਦੀ ਰਜ਼ਾ ਵਿਚ ਤੁਰਨ ਤੇ ਉਸ ਦੀ ਸਿਫ਼ਤਿ-ਸਾਲਾਹ ਕਰਨ ਦਾ ਉਪਦੇਸ਼ ਦੇਂਦੇ ਹਨ ।

ਪਦਅਰਥ:- ਧੰਨੁ—ਵਡਿਆਵਣ-ਜੋਗ । ਸਿਰੰਦਾ—ਪੈਦਾ ਕਰਨ ਵਾਲਾ, ਸਿਰਜਣਹਾਰ । ਸਚਾ—ਸਦਾ-ਥਿਰ ਰਹਿਣ ਵਾਲਾ । ਜਿਨਿ—ਜਿਸ (ਪਾਤਿਸ਼ਾਹ) ਨੇ । ਧੰਧੈ—(ਮਾਇਆ ਦੇ) ਆਹਰ ਵਿਚ । ਮੁਹਲਤਿ—ਮਿਲਿਆ ਸਮਾ । ਪੁਨੀ—ਪੁੰਨੀ, ਪੁੱਜ ਗਈ, ਪੂਰੀ ਹੋ ਗਈ । ਪਾਈ—ਪਨ-ਘੜੀ ਦੀ ਪਿਆਲੀ । ਇਸ ਦੇ ਹੇਠ-ਵਾਰ ਛੇਕ ਹੁੰਦਾ ਹੈ ਜਿਸ ਦੀ ਰਾਹੀਂ ਪਿਆਲੀ ਵਿਚ ਪਾਣੀ ਆਉਂਦਾ ਰਹਿੰਦਾ ਹੈ । ਪੂਰੇ ਇਕ ਘੰਟੇ ਵਿਚ ਪਿਆਲੀ ਪਾਣੀ ਨਾਲ ਭਰ ਕੇ ਪਾਣੀ ਵਿਚ ਡੁੱਬ ਜਾਂਦੀ ਹੈ । ਖ਼ਾਲੀ ਕਰ ਕੇ ਪਿਆਲੀ ਫਿਰ ਪਾਣੀ ਉੱਤੇ ਰੱਖ ਦਿੱਤੀ ਜਾਂਦੀ ਹੈ, ਤੇ ਇਸ ਤਰ੍ਹਾਂ ਇਕ ਇਕ ਘੰਟੇ ਦਾ ਸਮਾ ਮਲੂਮ ਹੁੰਦਾ ਰਹਿੰਦਾ ਹੈ । ਜਾਨੀਅੜਾ—ਪਿਆਰਾ ਸਾਥੀ ਜੀਵਾਤਮਾ । ਘਤਿ—ਫੜ ਕੇ । ਚਲਾਇਆ—ਅੱਗੇ ਲਾ ਲਿਆ ਜਾਂਦਾ ਹੈ । ਵੀਰ ਸਬਾਏ—ਸਾਰੇ ਵੀਰ, ਸਾਰੇ ਸੱਜਣ ਸੰਬੰਧੀ । ਹੰਸ—ਜੀਵਾਤਮਾ । ਪੁੰਨੇ—ਪੁੱਗ ਗਏ, ਮੁੱਕ ਗਏ । ਮਾਏ—ਹੇ ਮਾਂ! ਪੁਰਬਿ—ਮਰਨ ਤੋਂ ਪਹਿਲੇ ਸਮੇ ਵਿਚ ।੧।

ਪਇਆਣਾ—ਕੂਚ । ਏਥੈ—ਇਸ ਸੰਸਾਰ ਵਿਚ । ਸਰਪਰ—ਜ਼ਰੂਰ । ਮਿਹਮਾਣਾ—ਪ੍ਰਾਹੁਣਾ । ਗਾਰਬੁ—ਅਹੰਕਾਰ । ਜਿਤੁ ਸੇਵਿਐ—ਜਿਸ ਦਾ ਸਿਮਰਨ ਕੀਤਿਆਂ । ਮੂਲੇ—ਬਿਲਕੁਲ । ਸਿਰਿ ਸਿਰਿ—ਹਰੇਕ ਦੇ ਸਿਰ ਉੱਤੇ । ਕਿਆ—ਕੀਤਾ, ਆਪੋ ਆਪਣਾ ਕੀਤਾ ਕਰਮ । ਵਿਹਾਣਾ—ਬੀਤਦਾ ਹੈ ।੨।

ਸੰਮ੍ਰਥ—ਸਰਬ-ਸ਼ਕਤੀਮਾਨ । ਹੀਲੜਾ—ਬਹਾਨਾ । ਸੰਸਾਰੋ—(ਭਾਵ) ਸੰਸਾਰੀ ਜੀਵਾਂ ਦਾ ਉੱਦਮ । ਮਹੀਅਲਿ—ਮਹੀ ਤਲਿ, ਧਰਤੀ ਦੇ ਤਲ ਉਪਰ, ਧਰਤੀ ਦੇ ਉਪਰਲੇ ਪੁਲਾੜ ਵਿਚ, ਆਕਾਸ਼ ਵਿਚ । ਅਲਖ—ਅਦ੍ਰਿਸ਼ਟ । ਇਕ ਮਨਿ—ਇਕ ਮਨ ਦੀ ਰਾਹੀਂ, ਸੁਰਤਿ ਜੋੜ ਕੇ । ਢਾਹਿ—ਢਾਹ ਕੇ । ਹੁਕਮਿ—ਹੁਕਮ ਅਨੁਸਾਰ ।੩।

ਬਾਬਾ—ਹੇ ਭਾਈ! ਰੁੰਨਾ ਜਾਣੀਐ—ਸਹੀ ਵੈਰਾਗ ਵਿਚ ਆਇਆ ਸਮਝੋ । ਵਾਲੇਵੇ ਕਾਰਣਿ—ਧਨ-ਪਦਾਰਥ ਦੀ ਖ਼ਾਤਰ । ਬਿਕਾਰੋ—ਬੇ-ਕਾਰ, ਵਿਅਰਥ । ਗਾਫਲੁ—ਬੇ-ਖ਼ਬਰ, ਲਾ-ਪਰਵਾਹ । ਖੋਵੈ—ਨਾਸ ਕਰਦਾ ਹੈ । ਕੂੜਿ—ਨਾਸਵੰਤ ਜਗਤ ਦੀ ਖ਼ਾਤਰ ।੪।

ਅਰਥ:- ਜਿਸ (ਪ੍ਰਭੂ) ਨੇ ਜਗਤ ਨੂੰ ਮਾਇਆ ਦੇ ਆਹਰ ਵਿਚ ਲਾ ਰੱਖਿਆ ਹੈ ਉਹੀ ਸਿਰਜਣਹਾਰ

ਪਾਤਿਸ਼ਾਹ ਵਡਿਆਉਣ-ਜੋਗ ਹੈ । (ਕਿਉਂਕਿ ਉਹੀ) ਸਦਾ ਕਾਇਮ ਰਹਿਣ ਵਾਲਾ ਹੈ । (ਜੀਵ ਵਿਚਾਰੇ ਦੀ ਕੋਈ ਪਾਂਇਆਂ ਨਹੀਂ) ਜਦੋਂ ਜੀਵ ਨੂੰ ਮਿਲਿਆ ਸਮਾ ਮੁੱਕ ਜਾਂਦਾ ਹੈ ਜਦੋਂ ਇਸ ਦੀ ਉਮਰ ਦੀ ਪਿਆਲੀ ਭਰ ਜਾਂਦੀ ਹੈ ਤਾਂ (ਸਰੀਰ ਦੇ) ਪਿਆਰੇ ਸਾਥੀ ਨੂੰ ਫੜ ਕੇ ਅੱਗੇ ਲਾ ਲਿਆ ਜਾਂਦਾ ਹੈ । (ਉਮਰ ਦਾ ਸਮਾ ਮੁੱਕਣ ਤੇ) ਜਦੋਂ ਪਰਮਾਤਮਾ ਦਾ ਲਿਖਿਆ (ਹੁਕਮ) ਅਉਂਦਾ ਹੈ, ਸਰੀਰ ਦੇ ਪਿਆਰੇ ਸਾਥੀ ਜੀਵਾਤਮਾ ਨੂੰ ਫੜ ਕੇ ਅੱਗੇ ਲਾ ਲਿਆ ਜਾਂਦਾ ਹੈ, ਤੇ ਸਾਰੇ ਸੱਜਣ ਸੰਬੰਧੀ ਰੋਂਦੇ ਹਨ । ਹੇ ਮੇਰੀ ਮਾਂ! ਜਦੋਂ ਉਮਰ ਦੇ ਦਿਨ ਪੂਰੇ ਹੋ ਜਾਂਦੇ ਹਨ, ਤਾਂ ਸਰੀਰ ਤੇ ਜੀਵਾਤਮਾ ਦਾ (ਸਦਾ ਲਈ) ਵਿਛੋੜਾ ਹੋ ਜਾਂਦਾ ਹੈ । (ਉਸ ਅੰਤ ਸਮੇ ਤੋਂ) ਪਹਿਲਾਂ ਪਹਿਲਾਂ ਜੋ ਜੋ ਕਰਮ ਜੀਵ ਨੇ ਕਮਾਇਆ ਹੁੰਦਾ ਹੈ (ਉਸ ਉਸ ਦੇ ਅਨੁਸਾਰ) ਜਿਹੋ ਜਿਹਾ ਸੰਸਕਾਰਾਂ ਦਾ ਲੇਖ (ਉਸ ਦੇ ਮੱਥੇ ਤੇ) ਲਿਖਿਆ ਜਾਂਦਾ ਹੈ ਉਹੋ ਜਿਹਾ ਫਲ ਜੀਵ ਪਾਂਦਾ ਹੈ ।

ਜਿਸ ਨੇ ਜਗਤ ਨੂੰ ਮਾਇਆ ਦੇ ਆਹਰ ਵਿਚ ਲਾ ਰੱਖਿਆ ਹੈ ਉਹੀ ਸਿਰਜਣਹਾਰ ਪਾਤਿਸ਼ਾਹ ਵਡਿਆਉਣ-ਜੋਗ ਹੈ ਉਹੀ ਸਦਾ ਕਾਇਮ ਰਹਿਣ ਵਾਲਾ ਹੈ ।੧।

ਹੇ ਮੇਰੇ ਭਰਾਵੋ! (ਸਦਾ-ਥਿਰ) ਮਾਲਕ-ਪ੍ਰਭੂ ਦਾ ਸਿਮਰਨ ਕਰੋ । (ਦੁਨੀਆ ਤੋਂ) ਇਹ ਕੂਚ ਸਭਨਾਂ ਨੇ ਹੀ ਕਰਨਾ ਹੈ । ਦੁਨੀਆ ਵਿਚ ਮਾਇਆ ਦਾ ਝੂਠਾ ਆਹਰ ਚਾਰ ਦਿਨਾਂ ਲਈ ਹੀ ਹੈ, (ਹਰੇਕ ਨੇ ਹੀ) ਇਥੋਂ ਅਗਾਂਹ (ਪਰਲੋਕ ਵਿਚ) ਜ਼ਰੂਰ ਚਲੇ ਜਾਣਾ ਹੈ । ਇਥੋਂ ਅਗਾਂਹ ਜ਼ਰੂਰ (ਹਰੇਕ ਨੇ) ਚਲੇ ਜਾਣਾ ਹੈ, (ਇਥੇ ਜਗਤ ਵਿਚ) ਅਸੀ ਪਰਾਹੁਣਿਆਂ ਵਾਂਗ ਹੀ ਹਾਂ, (ਕਿਸੇ ਵੀ ਧਨ ਪਦਾਰਥ ਆਦਿਕ ਦਾ) ਮਾਣ ਕਰਨਾ ਵਿਅਰਥ ਹੈ । ਉਸ ਪਰਮਾਤਮਾ ਦਾ ਹੀ ਨਾਮ ਸਿਮਰਨਾ ਚਾਹੀਦਾ ਹੈ ਜਿਸ ਦੇ ਸਿਮਰਨ ਨਾਲ ਪਰਮਾਤਮਾ ਦੀ ਹਜ਼ੂਰੀ ਵਿਚ ਆਤਮਕ ਆਨੰਦ ਮਿਲਦਾ ਹੈ । (ਜਗਤ ਵਿਚ ਤਾਂ ਧਨ ਪਦਾਰਥ ਵਾਲੇ ਦਾ ਹੁਕਮ ਚੱਲ ਸਕਦਾ ਹੈ, ਪਰ) ਪਰਲੋਕ ਵਿਚ ਕਿਸੇ ਦਾ ਭੀ ਹੁਕਮ ਉੱਕਾ ਹੀ ਨਹੀਂ ਚੱਲ ਸਕਦਾ, ਉਥੇ ਤਾਂ ਹਰੇਕ ਦੇ ਸਿਰ ਉਤੇ (ਆਪੋ ਆਪਣੇ) ਕੀਤੇ ਅਨੁਸਾਰ ਬੀਤਦੀ ਹੈ ।

ਹੇ ਮੇਰੇ ਭਰਾਵੋ! (ਸਦਾ-ਥਿਰ) ਮਾਲਕ-ਪ੍ਰਭੂ ਦਾ ਸਿਮਰਨ ਕਰੋ । (ਦੁਨੀਆ ਤੋਂ) ਇਹ ਕੂਚ ਸਭ ਨੇ ਹੀ ਕਰ ਜਾਣਾ ਹੈ ।੨।

ਜਗਤ ਦੇ ਜੀਵਾਂ ਦਾ ਉੱਦਮ ਤਾਂ ਇਕ ਬਹਾਨਾ ਹੀ ਹੈ, ਹੁੰਦਾ ਉਹੀ ਕੁਝ ਹੈ ਜੋ ਉਸ ਸਰਬ-ਸ਼ਕਤੀਮਾਨ ਪ੍ਰਭੂ ਨੂੰ ਭਾਉਂਦਾ ਹੈ । ਉਹ ਸਦਾ-ਥਿਰ ਰਹਿਣ ਵਾਲਾ ਸਿਰਜਣਹਾਰ ਪਾਣੀ ਵਿਚ ਧਰਤੀ ਵਿਚ ਆਕਾਸ਼ ਵਿਚ ਹਰ ਥਾਂ ਮੌਜੂਦ ਹੈ । ਉਹ ਪ੍ਰਭੂ ਸਦਾ-ਥਿਰ ਰਹਿਣ ਵਾਲਾ ਹੈ ਸਭ ਦਾ ਪੈਦਾ ਕਰਨ ਵਾਲਾ ਹੈ, ਅਦ੍ਰਿਸ਼ਟ ਹੈ, ਬੇਅੰਤ ਹੈ, ਕੋਈ ਭੀ ਜੀਵ ਉਸ ਦੇ ਗੁਣਾਂ ਦਾ ਅੰਤ ਨਹੀਂ ਲੱਭ ਸਕਦਾ । ਜਗਤ ਵਿਚ ਜੰਮਣਾ ਉਹਨਾਂ ਦਾ ਹੀ ਸਫਲ ਕਿਹਾ ਜਾਂਦਾ ਹੈ ਜਿਨ੍ਹਾਂ ਨੇ ਉਸ ਬੇਅੰਤ ਪ੍ਰਭੂ ਨੂੰ ਸੁਰਤਿ ਜੋੜ ਕੇ ਸਿਮਰਿਆ ਹੈ । ਉਹ ਪਰਮਾਤਮਾ ਆਪ ਹੀ ਜਗਤ-ਰਚਨਾ ਨੂੰ ਢਾਹ ਦੇਂਦਾ ਹੈ, ਢਾਹ ਕੇ ਆਪ ਹੀ ਫਿਰ ਬਣਾ ਲੈਂਦਾ ਹੈ, ਉਹ ਆਪਣੇ ਹੁਕਮ ਵਿਚ ਜੀਵਾਂ ਨੂੰ ਚੰਗੇ ਜੀਵਨ ਵਾਲੇ ਬਣਾਂਦਾ ਹੈ ।

ਜਗਤ ਦੇ ਜੀਵਾਂ ਦਾ ਉੱਦਮ ਤਾਂ ਇਕ ਬਹਾਨਾ ਹੀ ਹੈ, ਹੁੰਦਾ ਉਹੀ ਕੁਝ ਹੈ ਜੋ ਉਸ ਸਰਬ-ਸ਼ਕਤੀਮਾਨ ਪ੍ਰਭੂ ਨੂੰ ਚੰਗਾ ਲੱਗਦਾ ਹੈ ।੩।

ਹੇ ਨਾਨਕ! (ਆਖ—ਵਿਛੁੜੇ ਸਨਬੰਧੀਆਂ ਦੀ ਮੌਤ ਤੇ ਤਾਂ ਹਰ ਕੋਈ ਵੈਰਾਗ ਵਿਚ ਆ ਜਾਂਦਾ ਹੈ, ਪਰ ਇਹ ਵੈਰਾਗ ਕਿਸੇ ਅਰਥ ਨਹੀਂ) ਹੇ ਭਾਈ! ਉਸੇ ਮਨੁੱਖ ਨੂੰ ਸਹੀ ਵੈਰਾਗ ਵਿਚ ਆਇਆ ਜਾਣੋ, ਜੋ ਪਿਆਰ ਨਾਲ (ਪਰਮਾਤਮਾ ਦੇ ਮਿਲਾਪ ਦੀ ਖ਼ਾਤਰ) ਵੈਰਾਗ ਵਿਚ ਆਉਂਦਾ ਹੈ । ਹੇ ਭਾਈ! ਦੁਨੀਆ

ਦੇ ਧਨ ਪਦਾਰਥ ਦੀ ਖ਼ਾਤਰ ਜੋ ਰੋਵੀਦਾ ਹੈ ਉਹ ਰੋਣਾ ਸਾਰਾ ਹੀ ਵਿਅਰਥ ਜਾਂਦਾ ਹੈ । ਪਰਮਾਤਮਾ ਵਲੋਂ ਭੁੱਲਾ ਹੋਇਆ ਜਗਤ ਮਾਇਆ ਦੀ ਖ਼ਾਤਰ ਰੋਂਦਾ ਹੈ ਇਹ ਸਾਰਾ ਹੀ ਰੁਦਨ ਵਿਅਰਥ ਹੈ । (ਇਸ ਰੋਣ ਨਾਲ) ਮਨੁੱਖ ਨੂੰ ਚੰਗੇ ਮੰਦੇ ਕੰਮ ਦੀ ਪਛਾਣ ਨਹੀਂ ਆਉਂਦੀ, (ਮਾਇਆ ਦੀ ਖ਼ਾਤਰ ਰੋ ਰੋ ਕੇ) ਇਸ ਸਰੀਰ ਨੂੰ ਵਿਅਰਥ ਹੀ ਨਾਸ ਕਰ ਲੈਂਦਾ ਹੈ । ਹੇ ਭਾਈ! ਹਰੇਕ ਜੀਵ ਜੋ ਜਗਤ ਵਿਚ (ਜਨਮ ਲੈ ਕੇ) ਆਇਆ ਹੈ (ਆਪਣਾ ਸਮਾ ਮੁਕਾ ਕੇ) ਚਲਾ ਜਾਇਗਾ, ਨਾਸਵੰਤ ਜਗਤ ਦੇ ਮੋਹ ਵਿਚ ਫਸ ਕੇ (ਵਿਅਰਥ) ਮਾਣ ਕਰਦੇ ਹੋ ।

ਹੇ ਨਾਨਕ! (ਆਖ—) ਹੇ ਭਾਈ! ਉਸੇ ਮਨੁੱਖ ਨੂੰ ਸਹੀ ਵੈਰਾਗ ਵਿਚ ਆਇਆ ਸਮਝੋ ਜੋ (ਪਰਮਾਤਮਾ ਦੇ ਮਿਲਾਪ ਦੀ ਖ਼ਾਤਰ) ਪਿਆਰ ਨਾਲ ਵੈਰਾਗ ਵਿਚ ਆਉਂਦਾ ਹੈ ।੪।੧।

ਵਡਹੰਸੁ ਮਹਲਾ ੧ ॥ ਆਵਹੁ ਮਿਲਹੁ ਸਹੇਲੀਹੋ ਸਚੜਾ ਨਾਮੁ ਲਏਹਾਂ ॥ ਰੋਵਹ ਬਿਰਹਾ ਤਨ ਕਾ ਆਪਣਾ ਸਾਹਿਬੁ ਸੰਮ੍ਾਲੇਹਾਂ ॥ ਸਾਹਿਬੁ ਸਮ੍ਾਲਿਹ ਪੰਥੁ ਨਿਹਾਲਿਹ ਅਸਾ ਭਿ ਓਥੈ ਜਾਣਾ ॥ ਜਿਸ ਕਾ ਕੀਆ ਤਿਨ ਹੀ ਲੀਆ ਹੋਆ ਤਿਸੈ ਕਾ ਭਾਣਾ ॥ ਜੋ ਤਿਨਿ ਕਰਿ ਪਾਇਆ ਸੁ ਆਗੈ ਆਇਆ ਅਸੀ ਕਿ ਹੁਕਮੁ ਕਰੇਹਾ ॥ ਆਵਹੁ ਮਿਲਹੁ ਸਹੇਲੀਹੋ ਸਚੜਾ ਨਾਮੁ ਲਏਹਾ ॥੧॥ ਮਰਣੁ ਨ ਮੰਦਾ ਲੋਕਾ ਆਖੀਐ ਜੇ ਮਰਿ ਜਾਣੈ ਐਸਾ ਕੋਇ ॥ ਸੇਵਿਹੁ ਸਾਹਿਬੁ ਸੰਮ੍ਰਥੁ ਆਪਣਾ ਪੰਥੁ ਸੁਹੇਲਾ ਆਗੈ ਹੋਇ ॥ ਪੰਥਿ ਸੁਹੇਲੈ ਜਾਵਹੁ ਤਾਂ ਫਲੁ ਪਾਵਹੁ ਆਗੈ ਮਿਲੈ ਵਡਾਈ ॥ ਭੇਟੈ ਸਿਉ ਜਾਵਹੁ ਸਚਿ ਸਮਾਵਹੁ ਤਾਂ ਪਤਿ ਲੇਖੈ ਪਾਈ ॥ ਮਹਲੀ ਜਾਇ ਪਾਵਹੁ ਖਸਮੈ ਭਾਵਹੁ ਰੰਗ ਸਿਉ ਰਲੀਆ ਮਾਣੈ ॥ ਮਰਣੁ ਨ ਮੰਦਾ ਲੋਕਾ ਆਖੀਐ ਜੇ ਕੋਈ ਮਰਿ ਜਾਣੈ ॥੨॥ ਮਰਣੁ ਮੁਣਸਾ ਸੂਰਿਆ ਹਕੁ ਹੈ ਜੋ ਹੋਇ ਮਰਨਿ ਪਰਵਾਣੋ ॥ ਸੂਰੇ ਸੇਈ ਆਗੈ ਆਖੀਅਹਿ ਦਰਗਹ ਪਾਵਹਿ ਸਾਚੀ ਮਾਣੋ ॥ ਦਰਗਹ ਮਾਣੁ ਪਾਵਹਿ ਪਤਿ ਸਿਉ ਜਾਵਹਿ ਆਗੈ ਦੂਖੁ ਨ ਲਾਗੈ ॥ ਕਰਿ ਏਕੁ ਧਿਆਵਹਿ ਤਾਂ ਫਲੁ ਪਾਵਹਿ ਜਿਤੁ ਸੇਵਿਐ ਭਉ ਭਾਗੈ ॥ ਊਚਾ ਨਹੀ ਕਹਣਾ ਮਨ ਮਹਿ ਰਹਣਾ ਆਪੇ ਜਾਣੈ ਜਾਣੋ ॥ ਮਰਣੁ ਮੁਣਸਾਂ ਸੂਰਿਆ ਹਕੁ ਹੈ ਜੋ ਹੋਇ ਮਰਹਿ ਪਰਵਾਣੋ ॥੩॥ ਨਾਨਕ ਕਿਸ ਨੋ ਬਾਬਾ ਰੋਈਐ ਬਾਜੀ ਹੈ ਇਹੁ ਸੰਸਾਰੋ ॥ ਕੀਤਾ ਵੇਖੈ ਸਾਹਿਬੁ ਆਪਣਾ ਕੁਦਰਤਿ ਕਰੇ ਬੀਚਾਰੋ ॥ ਕੁਦਰਤਿ ਬੀਚਾਰੇ ਧਾਰਣ ਧਾਰੇ ਜਿਨਿ ਕੀਆ ਸੋ ਜਾਣੈ ॥ ਆਪੇ ਵੇਖੈ ਆਪੇ ਬੂਝੈ ਆਪੇ ਹੁਕਮੁ ਪਛਾਣੈ ॥ ਜਿਨਿ ਕਿਛੁ ਕੀਆ ਸੋਈ ਜਾਣੈ ਤਾ ਕਾ ਰੂਪੁ ਅਪਾਰੋ ॥ ਨਾਨਕ ਕਿਸ ਨੋ ਬਾਬਾ ਰੋਈਐ ਬਾਜੀ ਹੈ ਇਹੁ ਸੰਸਾਰੋ ॥੪॥੨॥ {ਪੰਨਾ 579-580}

ਅਰਥ:- ਲਏਹਾਂ—ਅਸੀ ਲਈਏ । ਸਚੜਾ—ਸਦਾ-ਥਿਰ ਰਹਿਣ ਵਾਲਾ । ਰੋਵਹ—ਅਸੀ ਰੋਵੀਏ, ਅਸੀ ਅਫ਼ਸੋਸ ਕਰੀਏ । ਬਿਰਹਾ—ਵਿਛੋੜਾ । ਤਨ—ਸਰੀਰ । ਸਮ੍ਾਲਿਹ—ਅਸੀ ਯਾਦ ਕਰੀਏ । ਪੰਥੁ—ਰਸਤਾ । ਨਿਹਾਲਿਹ—ਅਸੀ ਵੇਖੀਏ । ਕੀਆ—ਪੈਦਾ ਕੀਤਾ । ਲੀਆ—ਵਾਪਸ ਲੈ ਲਿਆ । ਭਾਣਾ—ਰਜ਼ਾ । ਤਿਨਿ—ਉਸ ਜੀਵ ਨੇ ।੧।

ਲੋਕਾ—ਹੇ ਲੋਕੋ! ਐਸਾ—ਅਜੇਹੀ ਮੌਤ । ਸੰਮ੍ਰਥੁ—ਸਭ ਤਾਕਤਾਂ ਵਾਲਾ । ਸੁਹੇਲਾ—ਸੌਖਾ । ਪੰਥਿ

ਸੁਹੇਲੈ—ਸੌਖੇ ਰਸਤੇ ਉਤੇ । ਆਗੈ—ਪ੍ਰਭੂ ਦੀ ਹਜ਼ੂਰੀ ਵਿਚ । ਵਡਾਈ—ਇੱਜ਼ਤ । ਭੇਟੈ ਸਿਉ—(ਨਾਮ ਦੀ) ਭੇਟਾ ਲੈ ਕੇ । ਸਚਿ—ਸਦਾ-ਥਿਰ ਪ੍ਰਭੂ ਵਿਚ । ਲੇਖੈ—ਕੀਤੇ ਕਰਮਾਂ ਦਾ ਹਿਸਾਬ ਹੋਣ ਵੇਲੇ । ਮਹਲੀ—ਹਜ਼ੂਰੀ ਵਿਚ । ਰੰਗ ਸਿਉ—ਪ੍ਰੇਮ ਨਾਲ ।੨।

ਹਕੁ—ਬਰ-ਹੱਕ, ਪਰਵਾਨ । ਜੋ—ਜੇਹੜੇ । ਸੂਰੇ—ਸੂਰਮੇ । ਮਾਣੋ—ਇੱਜ਼ਤ । ਪਤਿ—ਇੱਜ਼ਤ । ਕਰਿ—ਕਰ ਕੇ, ਮੰਨ ਕੇ । ਊਚਾ—ਅਹੰਕਾਰ-ਭਰੀ ਗੱਲ । ਜਾਣੋ—ਜਾਣਨਹਾਰ ਪ੍ਰਭੂ ।੩।

ਬਾਜੀ—ਖੇਡ । ਵੇਖੈ—ਸੰਭਾਲ ਕਰਦਾ ਹੈ । ਕੁਦਰਤਿ—ਰਚੀ ਸ੍ਰਿਸ਼ਟੀ । ਧਾਰਣ ਧਾਰੇ—ਆਸਰਾ ਦੇਂਦਾ ਹੈ ।੪।

ਅਰਥ:- ਹੇ ਸਹੇਲੀਹੋ ! (ਹੇ ਸਤਸੰਗੀ ਸੱਜਣੋ !) ਆਓ, ਰਲ ਕੇ ਬੈਠੀਏ ਤੇ ਪਰਮਾਤਮਾ ਦਾ ਸਦਾ-ਥਿਰ ਰਹਿਣ ਵਾਲਾ ਨਾਮ ਸਿਮਰੀਏ । ਆਓ, ਪ੍ਰਭੂ ਤੋਂ ਆਪਣੇ ਵਿਛੋੜੇ ਦਾ ਮੁੜ ਮੁੜ ਅਫ਼ਸੋਸ ਨਾਲ ਚੇਤਾ ਕਰੀਏ, (ਉਹ ਵਿਛੋੜਾ ਦੂਰ ਕਰਨ ਲਈ) ਮਾਲਕ-ਪ੍ਰਭੂ ਨੂੰ ਯਾਦ ਕਰੀਏ । ਆਓ, ਅਸੀ ਮਾਲਕ ਨੂੰ ਹਿਰਦੇ ਵਿਚ ਵਸਾਈਏ, ਤੇ ਉਸ ਰਸਤੇ ਨੂੰ ਤੱਕੀਏ (ਜਿਸ ਰਸਤੇ ਸਭ ਜਾ ਰਹੇ ਹਨ) । ਅਸਾਂ ਭੀ (ਆਖ਼ਿਰ) ਉਸ ਪਰਲੋਕ ਵਿਚ ਜਾਣਾ ਹੈ (ਜਿਥੇ ਅਨੇਕਾਂ ਜਾ ਚੁਕੇ ਹਨ) । (ਕਿਸੇ ਦੇ ਮਰਨ ਤੇ ਰੋਣਾ ਵਿਅਰਥ ਹੈ) ਜਿਸ ਪ੍ਰਭੂ ਦਾ ਇਹ ਪੈਦਾ ਕੀਤਾ ਹੋਇਆ ਸੀ, ਉਸੇ ਨੇ ਜਿੰਦ ਵਾਪਸ ਲੈ ਲਈ ਹੈ, ਉਸੇ ਦੀ ਰਜ਼ਾ ਹੋਈ ਹੈ । ਇਥੇ ਜਗਤ ਵਿਚ ਜੀਵ ਨੇ ਜੋ ਕੁਝ ਕੀਤਾ, (ਮਰਨ ਤੇ) ਉਸ ਦੇ ਅੱਗੇ ਆ ਜਾਂਦਾ ਹੈ । (ਇਸ ਰੱਬੀ ਨਿਯਮ ਅੱਗੇ) ਸਾਡਾ ਕੋਈ ਜ਼ੋਰ ਨਹੀਂ ਚੜ੍ਹ ਸਕਦਾ ।

(ਇਸ ਵਾਸਤੇ) ਹੇ ਸਹੇਲੀਹੋ ! ਆਓ, ਰਲ ਕੇ ਬੈਠੀਏ ਤੇ ਸਦਾ-ਥਿਰ ਰਹਿਣ ਵਾਲੇ ਪ੍ਰਭੂ ਦਾ ਨਾਮ ਸਿਮਰੀਏ ।੧।

ਹੇ ਲੋਕੋ ! ਮੌਤ ਨੂੰ ਮਾੜਾ ਨਾਹ ਆਖੋ (ਮੌਤ ਚੰਗੀ ਹੈ, ਪਰ ਤਦੋਂ ਹੀ) ਜੇ ਕੋਈ ਮਨੁੱਖ ਉਸ ਤਰੀਕੇ ਨਾਲ (ਜਿਊ ਕੇ) ਮਰਨਾ ਜਾਣਦਾ ਹੋਵੇ । (ਉਹ ਤਰੀਕਾ ਇਹ ਹੈ ਕਿ) ਆਪਣੇ ਸਰਬ-ਸ਼ਕਤੀਵਾਨ ਮਾਲਕ ਨੂੰ ਸਿਮਰੋ, (ਤਾਂ ਕਿ ਜੀਵਨ ਦੇ ਸਫ਼ਰ ਵਿਚ) ਰਸਤਾ ਸੌਖਾ ਹੋ ਜਾਏ (ਸਿਮਰਨ ਦੀ ਬਰਕਤਿ ਨਾਲ) ਸੌਖੇ ਜੀਵਨ-ਰਸਤੇ ਤੁਰੋਗੇ ਤਾਂ ਇਸ ਦਾ ਫਲ ਭੀ ਮਿਲੇਗਾ ਤੇ ਪ੍ਰਭੂ ਹੀ ਹਜ਼ੂਰੀ ਵਿਚ ਇੱਜ਼ਤ ਮਿਲੇਗੀ । ਜੇ ਪ੍ਰਭੂ ਦੇ ਨਾਮ ਦੀ ਭੇਟਾ ਲੈ ਕੇ ਜਾਵੋਗੇ ਤਾਂ ਉਸ ਸਦਾ-ਥਿਰ ਪ੍ਰਭੂ ਵਿਚ ਇਕ-ਰੂਪ ਹੋ ਜਾਵੋਗੇ, ਕੀਤੇ ਕਰਮਾਂ ਦਾ ਹਿਸਾਬ ਹੋਣ ਵੇਲੇ ਇੱਜ਼ਤ ਮਿਲੇਗੀ, ਪ੍ਰਭੂ ਦੀ ਹਜ਼ੂਰੀ ਵਿਚ ਥਾਂ ਪ੍ਰਾਪਤ ਕਰੋਗੇ, ਤੇ ਖਸਮ-ਪ੍ਰਭੂ ਨੂੰ ਚੰਗੇ ਲੱਗੋਗੇ । (ਜੇਹੜਾ ਜੀਵ ਇਹ ਭੇਟਾ ਲੈ ਕੇ ਜਾਂਦਾ ਹੈ ਉਹ) ਪ੍ਰੇਮ ਨਾਲ ਆਤਮਕ ਆਨੰਦ ਮਾਣਦਾ ਹੈ ।

ਹੇ ਲੋਕੋ ! ਮੌਤ ਨੂੰ ਮਾੜਾ ਨਾਹ ਆਖੋ (ਪਰ ਇਸ ਗੱਲ ਨੂੰ ਉਹੀ ਸਮਝਦਾ ਹੈ) ਜੇਹੜਾ ਇਸ ਤਰ੍ਹਾਂ ਮਰਨਾ ਜਾਣਦਾ ਹੋਵੇ ।੨।

ਜੇਹੜੇ ਮਨੁੱਖ (ਜੀਊਂਦਿਆਂ ਹੀ ਪ੍ਰਭੂ ਦੀਆਂ ਨਜ਼ਰਾਂ ਵਿਚ) ਕਬੂਲ ਹੋ ਕੇ ਮਰਦੇ ਹਨ ਉਹ ਸੂਰਮੇ ਹਨ ਉਹਨਾਂ ਦਾ ਮਰਨਾ ਭੀ (ਲੋਕ ਪਰਲੋਕ ਵਿਚ) ਸਲਾਹਿਆ ਜਾਂਦਾ ਹੈ । ਪ੍ਰਭੂ ਦੀ ਹਜ਼ੂਰੀ ਵਿਚ ਉਹੀ ਬੰਦੇ ਸੂਰਮੇ ਆਖੇ ਜਾਂਦੇ ਹਨ, ਉਹ ਬੰਦੇ ਸਦਾ-ਥਿਰ ਪ੍ਰਭੂ ਦੀ ਦਰਗਾਹ ਵਿਚ ਆਦਰ ਪਾਂਦੇ ਹਨ । ਉਹ ਦਰਗਾਹ ਵਿਚ ਇੱਜ਼ਤ ਪਾਂਦੇ ਹਨ, ਇੱਜ਼ਤ ਨਾਲ (ਇਥੋਂ) ਜਾਂਦੇ ਹਨ ਤੇ ਅਗਾਂਹ ਪਰਲੋਕ ਵਿਚ ਉਹਨਾਂ ਨੂੰ ਕੋਈ ਦੁੱਖ ਨਹੀਂ ਵਿਆਪਦਾ । ਉਹ ਬੰਦੇ ਪਰਮਾਤਮਾ ਨੂੰ (ਹਰ ਥਾਂ) ਵਿਆਪਕ ਜਾਣ ਕੇ ਸਿਮਰਦੇ ਹਨ, ਉਸ ਪ੍ਰਭੂ ਦੇ ਦਰ ਤੋਂ ਫਲ ਪ੍ਰਾਪਤ ਕਰਦੇ ਹਨ ਜਿਸ ਦਾ ਸਿਮਰਨ ਕੀਤਿਆਂ (ਹਰੇਕ ਕਿਸਮ ਦਾ)

ਡਰ ਦੂਰ ਹੋ ਜਾਂਦਾ ਹੈ ।

(ਹੇ ਭਾਈ!) ਅਹੰਕਾਰ ਦਾ ਬੋਲ ਨਹੀਂ ਬੋਲਣਾ ਚਾਹੀਦਾ, ਆਪਣੇ ਆਪ ਨੂੰ ਕਾਬੂ ਵਿਚ ਰੱਖਣਾ ਚਾਹੀਦਾ ਹੈ, ਉਹ ਅੰਤਰਜਾਮੀ ਪ੍ਰਭੂ ਹਰੇਕ ਦੇ ਦਿਲ ਦੀ ਆਪ ਹੀ ਜਾਣਦਾ ਹੈ ।

ਜੇਹੜੇ ਮਨੁੱਖ (ਜੀਊਂਦਿਆਂ ਹੀ ਪ੍ਰਭੂ ਦੀਆਂ ਨਜ਼ਰਾਂ ਵਿਚ) ਕਬੂਲ ਹੋ ਕੇ ਮਰਦੇ ਹਨ ਉਹ ਸੂਰਮੇ ਹਨ, ਉਹਨਾਂ ਦਾ ਮਰਨਾ (ਲੋਕ ਪਰਲੋਕ ਵਿਚ) ਸਲਾਹਿਆ ਜਾਂਦਾ ਹੈ ।੩।

ਹੇ ਨਾਨਕ! (ਆਖ—) ਹੇ ਭਾਈ! ਇਹ ਜਗਤ ਇਕ ਖੇਡ ਹੈ (ਖੇਡ ਬਣਦੀ ਢਹਿੰਦੀ ਹੀ ਰਹਿੰਦੀ ਹੈ) ਕਿਸੇ ਦੇ ਮਰਨ ਤੇ ਰੋਣਾ ਵਿਅਰਥ ਹੈ । ਮਾਲਕ-ਪ੍ਰਭੂ ਆਪਣੇ ਪੈਦਾ ਕੀਤੇ ਜਗਤ ਦੀ ਆਪ ਸੰਭਾਲ ਕਰਦਾ ਹੈ, ਆਪਣੀ ਰਚੀ ਰਚਨਾ ਦਾ ਆਪ ਧਿਆਨ ਰੱਖਦਾ ਹੈ । ਪ੍ਰਭੂ ਆਪਣੀ ਰਚੀ ਰਚਨਾ ਦਾ ਖ਼ਿਆਲ ਰੱਖਦਾ ਹੈ, ਇਸ ਨੂੰ ਆਸਰਾ-ਸਹਾਰਾ ਦੇਂਦਾ ਹੈ, ਜਿਸ ਨੇ ਜਗਤ ਰਚਿਆ ਹੈ ਉਹੀ ਇਸ ਦੀਆਂ ਲੋੜਾਂ ਭੀ ਜਾਣਦਾ ਹੈ । ਪ੍ਰਭੂ ਆਪ ਹੀ ਸਭ ਦੇ ਕੀਤੇ ਕਰਮਾਂ ਨੂੰ ਵੇਖਦਾ ਹੈ, ਆਪ ਹੀ ਸਭ ਦੇ ਦਿਲਾਂ ਦੀ ਸਮਝਦਾ ਹੈ, ਆਪ ਹੀ ਆਪਣੇ ਹੁਕਮ ਨੂੰ ਪਛਾਣਦਾ ਹੈ (ਕਿ ਕਿਵੇਂ ਇਹ ਹੁਕਮ ਜਗਤ ਵਿਚ ਵਰਤਿਆ ਜਾਣਾ ਹੈ) ।

ਜਿਸ ਪ੍ਰਭੂ ਨੇ ਇਹ ਜਗਤ-ਰਚਨਾ ਕੀਤੀ ਹੋਈ ਹੈ ਉਹੀ ਇਸ ਦੀਆਂ ਲੋੜਾਂ ਜਾਣਦਾ ਹੈ । ਉਸ ਪ੍ਰਭੂ ਦਾ ਸਰੂਪ ਬੇਅੰਤ ਹੈ ।

ਹੇ ਨਾਨਕ! (ਆਖ—) ਹੇ ਭਾਈ! ਇਹ ਜਗਤ ਇਕ ਖੇਡ ਹੈ (ਇਥੇ ਜੋ ਘੜਿਆ ਹੈ ਉਸ ਨੇ ਭੱਜਣਾ ਹੈ) ਕਿਸੇ ਦੇ ਮਰਨ ਤੇ ਰੋਣਾ ਵਿਅਰਥ ਹੈ ।੪।੨।

ਵਡਹੰਸੁ ਮਹਲਾ ੧ ਦਖਣੀ ॥ ਸਚੁ ਸਿਰੰਦਾ ਸਚਾ ਜਾਣੀਐ ਸਚੜਾ ਪਰਵਦਗਾਰੋ ॥ ਜਿਨਿ ਆਪੀਨੈ ਆਪੁ ਸਾਜਿਆ ਸਚੜਾ ਅਲਖ ਅਪਾਰੋ ॥ ਦੁਇ ਪੁੜ ਜੋੜਿ ਵਿਛੋੜਿਅਨੁ ਗੁਰ ਬਿਨੁ ਘੋਰੁ ਅੰਧਾਰੋ ॥ ਸੂਰਜੁ ਚੰਦੁ ਸਿਰਜਿਅਨੁ ਅਹਿਨਿਸਿ ਚਲਤੁ ਵੀਚਾਰੋ ॥੧॥ ਸਚੜਾ ਸਾਹਿਬੁ ਸਚੁ ਤੂ ਸਚੜਾ ਦੇਹਿ ਪਿਆਰੋ ॥ ਰਹਾਉ ॥ ਤੁਧੁ ਸਿਰਜੀ ਮੇਦਨੀ ਦੁਖੁ ਸੁਖੁ ਦੇਵਣਹਾਰੋ ॥ ਨਾਰੀ ਪੁਰਖ ਸਿਰਜਿਐ ਬਿਖੁ ਮਾਇਆ ਮੋਹੁ ਪਿਆਰੋ ॥ ਖਾਣੀ ਬਾਣੀ ਤੇਰੀਆ ਦੇਹਿ ਜੀਆ ਆਧਾਰੋ ॥ ਕੁਦਰਤਿ ਤਖਤੁ ਰਚਾਇਆ ਸਚਿ ਨਿਬੇੜਣਹਾਰੋ ॥੨॥ ਆਵਾ ਗਵਣੁ ਸਿਰਜਿਆ ਤੂ ਥਿਰੁ ਕਰਣੈਹਾਰੋ ॥ ਜੰਮਣੁ ਮਰਣਾ ਆਇ ਗਇਆ ਬਧਿਕੁ ਜੀਉ ਬਿਕਾਰੋ ॥ ਭੂਡੜੈ ਨਾਮੁ ਵਿਸਾਰਿਆ ਬੂਡੜੈ ਕਿਆ ਤਿਸੁ ਚਾਰੋ ॥ ਗੁਣ ਛੋਡਿ ਬਿਖੁ ਲਦਿਆ ਅਵਗੁਣ ਕਾ ਵਣਜਾਰੋ ॥੩॥ ਸਦੜੇ ਆਏ ਤਿਨਾ ਜਾਨੀਆ ਹੁਕਮਿ ਸਚੇ ਕਰਤਾਰੋ ॥ ਨਾਰੀ ਪੁਰਖ ਵਿਛੁੰਨਿਆ ਵਿਛੁੜਿਆ ਮੇਲਣਹਾਰੋ ॥ ਰੂਪੁ ਨ ਜਾਣੈ ਸੋਹਣੀਐ ਹੁਕਮਿ ਬਧੀ ਸਿਰਿ ਕਾਰੋ ॥ ਬਾਲਕ ਬਿਰਧਿ ਨ ਜਾਣਨੀ ਤੋੜਨਿ ਹੇਤੁ ਪਿਆਰੋ ॥੪॥ ਨਉ ਦਰ ਠਾਕੇ ਹੁਕਮਿ ਸਚੈ ਹੰਸੁ ਗਇਆ ਗੈਣਾਰੇ ॥ ਸਾ ਧਨ ਛੁਟੀ ਮੁਠੀ ਝੂਠਿ ਵਿਧਣੀਆ ਮਿਰਤਕੜਾ ਅੰਙਨੜੇ ਬਾਰੇ ॥ ਸੁਰਤਿ ਮੁਈ ਮਰੁ ਮਾਈਏ ਮਹਲ ਰੁੰਨੀ ਦਰ ਬਾਰੇ ॥ ਰੋਵਹੁ ਕੰਤ ਮਹੇਲੀਹੋ ਸਚੇ ਕੇ ਗੁਣ ਸਾਰੇ ॥੫॥ ਜਲਿ ਮਲਿ ਜਾਨੀ ਨਾਵਾਲਿਆ ਕਪੜਿ ਪਟਿ

ਅੰਬਾਰੇ ॥ ਵਾਜੇ ਵਜੇ ਸਚੀ ਬਾਣੀਆ ਪੰਚ ਮੁਏ ਮਨੁ ਮਾਰੇ ॥ ਜਾਨੀ ਵਿਛੁੰਨੜੇ ਮੇਰਾ ਮਰਣੁ ਭਇਆ ਧ੍ਰਿਗੁ ਜੀਵਣੁ ਸੰਸਾਰੇ ॥ ਜੀਵਤੁ ਮਰੈ ਸੁ ਜਾਣੀਐ ਪਿਰ ਸਚੜੈ ਹੇਤਿ ਪਿਆਰੇ ॥੬॥ ਤੁਸੀ ਰੋਵਹੁ ਰੋਵਣ ਆਈਹੋ ਝੂਠਿ ਮੁਠੀ ਸੰਸਾਰੇ ॥ ਹਉ ਮੁਠੜੀ ਧੰਧੈ ਧਾਵਣੀਆ ਪਿਰਿ ਛੋਡਿਅੜੀ ਵਿਧਣਕਾਰੇ ॥ ਘਰਿ ਘਰਿ ਕੰਤੁ ਮਹੇਲੀਆ ਰੂੜੈ ਹੇਤਿ ਪਿਆਰੇ ॥ ਮੈ ਪਿਰੁ ਸਚੁ ਸਾਲਾਹਣਾ ਹਉ ਰਹਸਿਅੜੀ ਨਾਮਿ ਭਤਾਰੇ ॥੭॥ ਗੁਰਿ ਮਿਲਿਐ ਵੇਸੁ ਪਲਟਿਆ ਸਾ ਧਨ ਸਚੁ ਸੀਗਾਰੋ ॥ ਆਵਹੁ ਮਿਲਹੁ ਸਹੇਲੀਹੋ ਸਿਮਰਹੁ ਸਿਰਜਣਹਾਰੋ ॥ ਬਈਅਰਿ ਨਾਮਿ ਸੋੁਹਾਗਣੀ ਸਚੁ ਸਵਾਰਣਹਾਰੋ ॥ ਗਾਵਹੁ ਗੀਤੁ ਨ ਬਿਰਹੜਾ ਨਾਨਕ ਬ੍ਰਹਮ ਬੀਚਾਰੋ ॥੮॥੩॥ {ਪੰਨਾ 580-581}

ਪਦਅਰਥ:- ਸਚੁ—ਸਦਾ-ਥਿਰ ਰਹਿਣ ਵਾਲਾ । ਸਿਰੰਦਾ—ਸਿਰਜਣਹਾਰ, ਪੈਦਾ ਕਰਨ ਵਾਲਾ । ਸਚਾ—ਸਦਾ-ਥਿਰ । ਪਰਵਦਗਾਰੋ—ਪਾਲਣਹਾਰ । ਜਿਨਿ—ਜਿਸ (ਸਿਰਜਣਹਾਰ) ਨੇ । ਆਪੀਨੈ—{ਆਪਿ ਹੀ ਨੈ} ਆਪ ਹੀ । ਆਪੁ—ਆਪਣੇ ਆਪ ਨੂੰ । ਅਲਖ—ਅਦ੍ਰਿਸ਼ਟ । ਦੁਇ ਪੁੜ—ਦੋਵੇਂ ਪੁੜ (ਧਰਤੀ ਤੇ ਆਕਾਸ਼) । ਵਿਛੋੜਿਅਨੁ—ਉਸ ਨੇ ਵਿਛੋੜ ਦਿੱਤੇ ਹਨ, ਉਸ ਨੇ ਵਖ ਵਖ ਕਰ ਦਿੱਤੇ ਹਨ । ਘੋਰੁ ਅੰਧਾਰੋ—ਘੁੱਪ ਹਨੇਰਾ । ਸਿਰਜਿਅਨੁ—ਉਸ ਨੇ ਪੈਦਾ ਕੀਤੇ ਹਨ । ਅਹਿ—ਦਿਨ । ਨਿਸਿ—ਰਾਤ । ਚਲਤੁ—(ਜਗਤ-) ਤਮਾਸ਼ਾ ।੧।

ਦੇਹਿ—ਤੂੰ ਦੇਂਦਾ ਹੈਂ ।ਰਹਾਉ।

ਸਿਰਜੀ—ਪੈਦਾ ਕੀਤੀ । ਮੇਦਨੀ—ਧਰਤੀ । ਸਿਰਜਿਐ—ਪੈਦਾ ਕਰਨ ਨਾਲ । ਬਿਖੁ—ਜ਼ਹਿਰ । ਖਾਣੀ—ਜਗਤ-ਉਤਪੱਤੀ ਦੇ ਚਾਰ ਵਸੀਲੇ (ਅੰਡਜ, ਜੇਰਜ, ਸੇਤਜ, ਉਤਭੁਜ) । ਬਾਣੀ—ਜੀਵਾਂ ਦੀਆਂ ਬੋਲੀਆਂ । ਜੀਆ—ਜੀਵਾਂ ਨੂੰ । ਆਧਾਰੋ—ਆਸਰਾ । ਸਚਿ—ਸਦਾ-ਥਿਰ ਨਾਮ ਵਿਚ (ਜੋੜ ਕੇ) । ਨਿਬੇੜਣਹਾਰੋ—ਫ਼ੈਸਲਾ ਕਰਨ ਵਾਲਾ, ਲੇਖਾ ਮੁਕਾਣ ਵਾਲਾ ।੨।

ਆਵਾਗਵਣੁ—ਜਨਮ ਮਰਨ ਦਾ ਗੇੜ । ਥਿਰੁ—ਸਦਾ ਕਾਇਮ ਰਹਿਣ ਵਾਲਾ । ਆਇ ਗਇਆ—ਜੰਮਿਆ ਤੇ ਮਰ ਗਿਆ । ਬਧਿਕੁ—(ਮੋਹ ਵਿਚ) ਬੱਝਾ ਹੋਇਆ । ਜੀਉ—ਜੀਵਾਤਮਾ । ਭੁਡਣੈ—ਭੈੜੇ ਨੇ । ਬੂਡੜੈ—ਡੁੱਬੇ ਹੋਏ ਦਾ । ਚਾਰੇ—ਚਾਰਾ, ਜ਼ੋਰ । ਵਣਜਾਰੋ—ਵਪਾਰੀ ।੩।

ਜਾਨੀਆ—(ਸਰੀਰ ਦੇ ਸਾਥੀ) ਜੀਵਾਤਮਾ ਨੂੰ । ਹੁਕਮਿ—ਹੁਕਮ ਅਨੁਸਾਰ । ਸੋਹਣੀਐ—ਸੁੰਦਰੀ ਦਾ । ਸਿਰਿ—ਸਿਰ ਉਤੇ ।੪।

ਨਉ ਦਰ—ਨੌ ਦਰਵਾਜੇ, ਨੌ ਗੋਲਕਾਂ (ਮੂੰਹ, ੨ ਕੰਨ, ੨ ਨਾਸਾਂ, ੨ ਅੱਖਾਂ, ਗੁਦਾ, ਲਿੰਗ) । ਠਾਕੇ—ਬੰਦ ਕੀਤੇ ਗਏ । ਹੰਸੁ—ਜੀਵਾਤਮਾ । ਗੈਣਾਰੇ—ਆਕਾਸ਼ ਵਿਚ । ਸਾ ਧਨ—ਇਸਤ੍ਰੀ, ਕਾਂਇਆਂ (ਜੀਵਾਤਮਾ ਦੀ ਇਸਤ੍ਰੀ) । ਛੁਟੀ—ਇਕੱਲੀ ਰਹਿ ਗਈ । ਵਿਧਣੀਆ—{ਵਿ-ਧਣੀ} ਨਿਖਸਮੀ । ਮਿਰਤਕੜਾ—ਲੋਥ । ਅੰਙਨੜੇ—ਵੇਹੜੇ ਵਿਚ । ਮਾਈਏ—ਹੇ ਮਾਏ! ਮਰੁ—ਮੌਤ । ਮਹਲ—ਇਸਤ੍ਰੀ । ਦਰਬਾਰੇ—ਦਲੀਜਾਂ ਵਿਚ । ਸਾਰੇ—ਸਾਰਿ, ਸੰਭਾਲ ਕੇ, ਚੇਤੇ ਕਰ ਕੇ ।੫।

ਜਲਿ—ਪਾਣੀ ਨਾਲ । ਮਲਿ—ਮਲ ਕੇ । ਜਾਨੀ—ਪਿਆਰੇ ਸੰਬੰਧੀਆਂ ਨੇ । ਪਟਿ—ਰੇਸ਼ਮ ਨਾਲ । ਅੰਬਾਰੇ—ਅੰਬਰਿ, ਕੱਪੜੇ ਨਾਲ । ਕਪੜਿ—ਕੱਪੜੇ ਨਾਲ । ਸਚੀ ਬਾਣੀ—ਸਦਾ-ਥਿਰ ਰਹਿਣ ਵਾਲੀ

ਬਾਣੀ, "ਰਾਮ ਨਾਮ ਸਤਿ ਹੈ" । ਵਾਜੇ ਵਜੇ—ਬੋਲ ਬੋਲੇ ਜਾਣ ਲੱਗ ਪਏ । ਪੰਚ—(ਮਾਂ ਪਿਉ ਭਰਾ ਇਸਤ੍ਰੀ ਪੁਤ੍ਰ) ਸੰਬੰਧੀ । ਮੁਏ—ਗ਼ਮ ਨਾਲ ਮੋਇਆਂ ਵਰਗੇ ਹੋ ਗਏ । ਮਨੁ ਮਾਰੇ—ਮਨੁ ਮਾਰਿ, ਮਨ ਮਾਰ ਕੇ, ਗ਼ਮ ਖਾ ਕੇ ।੬।

ਝੂਠਿ—ਕੂੜੇ ਮੋਹ ਨੇ । ਮੁਠੀ—ਲੁੱਟਿਆ ਹੈ । ਹਉ—ਮੈਂ । ਧਾਵਣੀਆ—ਮਾਇਆ ਦੀ ਦੌੜ-ਭੱਜ ਵਿਚ । ਧੰਧੈ—ਮਾਇਆ ਦੇ ਆਹਰ ਵਿਚ । ਪਿਰਿ—ਪਿਰ ਨੇ, ਖਸਮ-ਪ੍ਰਭੂ ਨੇ । ਵਿਧਣ—{ਵਿ-ਧਣੀ} ਨਿਖਸਮੀ । ਵਿਧਣ ਕਾਰ—ਨਿਖਸਮੀਆਂ ਵਾਲੀ ਕਾਰ । ਘਰਿ ਘਰਿ—ਹਰੇਕ ਦੇ ਹਿਰਦੇ ਵਿਚ । ਮਹੇਲੀਆ ਜੀਵ-ਇਸਤ੍ਰੀਆਂ । ਰੂੜੈ—ਸੁੰਦਰ (ਪ੍ਰਭੂ) ਦੇ । ਹੇਤਿ—ਪ੍ਰੇਮ ਵਿਚ । ਸਹੁ—ਸਦਾ-ਥਿਰ ਰਹਿਣ ਵਾਲਾ । ਹਉ—ਮੈਂ । ਰਹਸਿਅੜੀ—ਖਿੜੀ ਹੋਈ, ਪ੍ਰਸੰਨ । ਨਾਮਿ—ਨਾਮ ਵਿਚ (ਜੁੜ ਕੇ) ।੭।

ਗੁਰਿ ਮਿਲਿਐ—ਜੇ ਗੁਰੂ ਮਿਲ ਪਏ । ਵੇਸੁ—ਕਾਂਇਆਂ । ਸਾ ਧਨ—ਜੀਵ-ਇਸਤ੍ਰੀ । ਬਈਅਰਿ—ਇਸਤ੍ਰੀ । ਨਾਮਿ—ਨਾਮ ਵਿਚ (ਜੁੜ ਕੇ) । ਬਿਰਹੜਾ—ਵਿਛੋੜਾ । ਬ੍ਰਹਮ ਬੀਚਾਰੋ—ਪਰਮਾਤਮਾ ਦੇ ਗੁਣਾਂ ਦਾ ਵਿਚਾਰ । ਸੋੁਹਾਗਣੀ—{ਅੱਖਰ 'ਸ' ਦੇ ਨਾਲ ਦੋ ਲਗਾਂ ਹਨ— ੋ ਤੇ ੁ । ਅਸਲ ਲਫ਼ਜ਼ 'ਸੋਹਾਗਣੀ' ਹੈ, ਇਥੇ 'ਸੁਹਾਗਣੀ' ਪੜ੍ਹਨਾ ਹੈ} ।੮।

ਅਰਥ:- (ਹੇ ਭਾਈ!) ਨਿਸ਼ਚਾ ਕਰੋ ਕਿ ਜਗਤ ਨੂੰ ਪੈਦਾ ਕਰਨ ਵਾਲਾ ਪਰਮਾਤਮਾ ਹੀ ਸਦਾ-ਥਿਰ ਰਹਿਣ ਵਾਲਾ ਹੈ, ਉਹ ਸਦਾ-ਥਿਰ ਪ੍ਰਭੂ (ਜੀਵਾਂ ਦੀ) ਪਾਲਣਾ ਕਰਨ ਵਾਲਾ ਹੈ, ਜਿਸ ਸਦਾ-ਥਿਰ ਨੇ ਆਪ ਹੀ ਆਪਣੇ ਆਪ ਨੂੰ (ਜਗਤ ਦੇ ਰੂਪ ਵਿਚ) ਪਰਗਟ ਕੀਤਾ ਹੋਇਆ ਹੈ, ਉਹ ਅਦ੍ਰਿਸ਼ਟ ਹੈ ਤੇ ਬੇਅੰਤ ਹੈ ।

(ਧਰਤੀ ਤੇ ਆਕਾਸ਼ ਜਗਤ ਦੇ) ਦੋਵੇਂ ਪੁੜ ਜੋੜ ਕੇ (ਭਾਵ, ਜਗਤ-ਰਚਨਾ ਕਰ ਕੇ) ਉਸ ਪ੍ਰਭੂ ਨੇ ਜੀਵਾਂ ਨੂੰ ਮਾਇਆ ਦੇ ਮੋਹ ਵਿਚ ਫਸਾ ਕੇ ਆਪਣੇ ਨਾਲੋਂ ਵਿਛੋੜ ਦਿੱਤਾ ਹੈ (ਭਾਵ, ਇਹ ਪ੍ਰਭੂ ਦੀ ਰਜ਼ਾ ਹੈ ਕਿ ਜੀਵ ਮੋਹ ਵਿਚ ਫਸ ਕੇ ਪ੍ਰਭੂ ਨੂੰ ਭੁਲਾ ਬੈਠੇ ਹਨ) । ਗੁਰੂ ਤੋਂ ਬਿਨਾ (ਜਗਤ ਵਿਚ ਮਾਇਆ ਦੇ ਮੋਹ ਦਾ) ਘੁੱਪ ਹਨੇਰਾ ਹੈ ।

ਉਸ ਪਰਮਾਤਮਾ ਨੇ ਹੀ ਸੂਰਜ ਤੇ ਚੰਦ੍ਰਮਾ ਬਣਾਏ ਹਨ, (ਸੂਰਜ) ਦਿਨ ਵੇਲੇ (ਚੰਦ੍ਰਮਾ) ਰਾਤ ਵੇਲੇ (ਚਾਨਣ ਦੇਂਦਾ ਹੈ) । (ਹੇ ਭਾਈ!) ਚੇਤੇ ਰੱਖੋ ਕਿ ਪ੍ਰਭੂ ਦਾ ਬਣਾਇਆ ਇਹ ਜਗਤ-ਤਮਾਸ਼ਾ ਹੈ ।੧।

ਹੇ ਪ੍ਰਭੂ! ਤੂੰ ਸਦਾ ਹੀ ਥਿਰ ਰਹਿਣ ਵਾਲਾ ਮਾਲਕ ਹੈਂ । ਤੂੰ ਆਪ ਹੀ ਸਭ ਜੀਵਾਂ ਨੂੰ ਸਦਾ-ਥਿਰ ਰਹਿਣ ਵਾਲੇ ਪਿਆਰ ਦੀ ਦਾਤਿ ਦੇਂਦਾ ਹੈਂ ।ਰਹਾਉ।

ਹੇ ਪ੍ਰਭੂ! ਤੂੰ ਹੀ ਸ੍ਰਿਸ਼ਟੀ ਪੈਦਾ ਕੀਤੀ ਹੈ (ਜੀਵਾਂ ਨੂੰ) ਦੁੱਖ ਤੇ ਸੁਖ ਦੇਣ ਵਾਲਾ ਭੀ ਤੂੰ ਹੀ ਹੈਂ । (ਜਗਤ ਵਿਚ) ਇਸਤ੍ਰੀਆਂ ਤੇ ਮਰਦ ਭੀ ਤੂੰ ਪੈਦਾ ਕੀਤੇ ਹਨ, ਮਾਇਆ ਜ਼ਹਿਰ ਦਾ ਮੋਹ ਤੇ ਪਿਆਰ ਭੀ ਤੂੰ ਹੀ ਬਣਾਇਆ ਹੈ । ਜੀਵ-ਉਤਪੱਤੀ ਦੀਆਂ ਚਾਰ ਖਾਣੀਆਂ ਤੇ ਜੀਵਾਂ ਦੀਆਂ ਬੋਲੀਆਂ ਭੀ ਤੇਰੀਆਂ ਹੀ ਰਚੀਆਂ ਹੋਈਆਂ ਹਨ । ਸਭ ਜੀਵਾਂ ਨੂੰ ਤੂੰ ਹੀ ਆਸਰਾ ਦੇਂਦਾ ਹੈਂ । ਹੇ ਪ੍ਰਭੂ! ਇਹ ਸਾਰੀ ਰਚਨਾ (-ਰੂਪ) ਤਖ਼ਤ ਤੂੰ (ਆਪਣੇ ਬੈਠਣ ਵਾਸਤੇ) ਬਣਾਇਆ ਹੈ, ਆਪਣੇ ਸਦਾ-ਥਿਰ ਨਾਮ ਵਿਚ (ਜੋੜ ਕੇ ਜੀਵਾਂ ਦੇ ਕਰਮਾਂ ਦੇ ਲੇਖ ਭੀ) ਤੂੰ ਆਪ ਹੀ ਮੁਕਾਣ ਵਾਲਾ ਹੈਂ ।੨।

ਹੇ ਕਰਣਹਾਰ ਕਰਤਾਰ! (ਜੀਵਾਂ ਵਾਸਤੇ) ਜਨਮ ਮਰਨ ਦਾ ਗੇੜ ਤੂੰ ਹੀ ਪੈਦਾ ਕੀਤਾ ਹੈ, ਪਰ ਤੂੰ ਆਪ

ਸਦਾ ਕਾਇਮ ਰਹਿਣ ਵਾਲਾ ਹੈਂ (ਤੈਨੂੰ ਇਹ ਗੇੜ ਵਿਆਪ ਨਹੀਂ ਸਕਦਾ) । (ਮਾਇਆ ਦੇ ਮੋਹ ਦੇ ਕਾਰਨ) ਵਿਕਾਰਾਂ ਵਿਚ ਬੱਝਾ ਹੋਇਆ ਜੀਵ ਨਿੱਤ ਜੰਮਦਾ ਹੈ ਤੇ ਮਰਦਾ ਹੈ, ਇਸ ਨੂੰ ਜਨਮ ਮਰਨ ਦਾ ਚੱਕਰ ਪਿਆ ਹੀ ਰਹਿੰਦਾ ਹੈ । (ਮਾਇਆ ਦੇ ਮੋਹ ਵਿਚ ਫਸੇ) ਭੈੜੇ ਜੀਵ ਨੇ (ਤੇਰਾ) ਨਾਮ ਭੁਲਾ ਦਿੱਤਾ ਹੈ, ਮੋਹ ਵਿਚ ਡੁੱਬੇ ਹੋਏ ਦੀ ਕੋਈ ਪੇਸ਼ ਨਹੀਂ ਜਾਂਦੀ । ਗੁਣਾਂ ਨੂੰ ਛੱਡ ਕੇ (ਵਿਕਾਰਾਂ ਦਾ) ਜ਼ਹਿਰ ਇਸ ਜੀਵ ਨੇ ਇਕੱਠਾ ਕਰ ਲਿਆ ਹੈ (ਜਗਤ ਵਿਚ ਆ ਕੇ ਸਾਰੀ ਉਮਰ) ਔਗੁਣਾਂ ਦਾ ਹੀ ਵਣਜ ਕਰਦਾ ਰਹਿੰਦਾ ਹੈ ।੩।

ਜਦੋਂ ਸਦਾ-ਥਿਰ ਰਹਿਣ ਵਾਲੇ ਕਰਤਾਰ ਦੇ ਹੁਕਮ ਵਿਚ ਉਹਨਾਂ ਪਿਆਰਿਆਂ ਨੂੰ (ਇਥੋਂ ਕੂਚ ਕਰਨ ਦੇ) ਸੱਦੇ ਆਉਂਦੇ ਹਨ (ਜੋ ਇਥੇ ਇਕੱਠੇ ਜੀਵਨ-ਨਿਰਬਾਹ ਕਰ ਰਹੇ ਹੁੰਦੇ ਹਨ) ਤਾਂ (ਇਕੱਠੇ ਰਹਿਣ ਵਾਲੇ) ਇਸਤ੍ਰੀ ਮਰਦਾਂ ਦੇ ਵਿਛੋੜੇ ਹੋ ਜਾਂਦੇ ਹਨ (ਇਸ ਵਿਛੋੜੇ ਨੂੰ ਕੋਈ ਮੇਟ ਨਹੀਂ ਸਕਦਾ) । ਵਿਛੁੜਿਆਂ ਨੂੰ ਤਾਂ ਪਰਮਾਤਮਾ ਆਪ ਹੀ ਮੇਲਣ ਦੇ ਸਮਰਥ ਹੈ । ਜਮਰਾਜ ਦੇ ਸਿਰ ਉਤੇ ਭੀ ਪਰਮਾਤਮਾ ਦੇ ਹੁਕਮ ਵਿਚ ਹੀ (ਮੌਤ ਦੀ ਰਾਹੀਂ ਜੀਵਾਂ ਦੇ ਵਿਛੋੜੇ ਕਰਨ ਦੀ) ਜ਼ਿੰਮੇਵਾਰੀ ਸੌਂਪੀ ਹੋਈ ਹੈ, ਕੋਈ ਜਮ ਕਿਸੇ ਸੁੰਦਰੀ ਦੇ ਰੂਪ ਦੀ ਪਰਵਾਹ ਨਹੀਂ ਕਰ ਸਕਦਾ (ਕਿ ਇਸ ਸੁੰਦਰੀ ਦੀ ਮੌਤ ਨਾਹ ਲਿਆਵਾਂ) । ਜਮ ਬੱਚਿਆਂ ਤੇ ਬੁੱਢਿਆਂ ਦੀ ਭੀ ਪਰਵਾਹ ਨਹੀਂ ਕਰਦੇ । ਸਭ ਦਾ (ਆਪੋ ਵਿਚ ਦਾ) ਮੋਹ ਪਿਆਰ ਤੋੜ ਦੇਂਦੇ ਹਨ ।੪।

ਜਦੋਂ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਹੁਕਮ ਵਿਚ (ਮੌਤ ਦਾ ਸੱਦਾ ਆਉਂਦਾ ਹੈ ਤਾਂ ਸਰੀਰ ਦੇ) ਨੌਂ ਦਰਵਾਜ਼ੇ ਬੰਦ ਹੋ ਜਾਂਦੇ ਹਨ, ਜੀਵਾਤਮਾ (ਕਿਤੇ) ਆਕਾਸ਼ ਵਿਚ ਚਲਾ ਜਾਂਦਾ ਹੈ । (ਜਿਸ ਇਸਤ੍ਰੀ ਦਾ ਪਤੀ ਮਰ ਜਾਂਦਾ ਹੈ) ਉਹ ਇਸਤ੍ਰੀ ਇਕੱਲੀ ਰਹਿ ਜਾਂਦੀ ਹੈ, ਉਹ ਮਾਇਆ ਦੇ ਮੋਹ ਵਿਚ ਲੁੱਟੀ ਜਾਂਦੀ ਹੈ, ਉਹ ਵਿਧਵਾ ਹੋ ਜਾਂਦੀ ਹੈ (ਉਸ ਦੇ ਪਤੀ ਦੀ) ਲੋਥ ਘਰ ਦੇ ਵੇਹੜੇ ਵਿਚ ਪਈ ਹੁੰਦੀ ਹੈ (ਜਿਸ ਨੂੰ ਵੇਖ ਵੇਖ ਕੇ) ਉਹ ਇਸਤ੍ਰੀ ਦਲੀਜਾਂ ਵਿਚ ਬੈਠੀ ਰੋਂਦੀ ਹੈ (ਤੇ ਆਖਦੀ ਹੈ—) ਹੇ ਮਾਏ! ਇਸ ਮੌਤ (ਨੂੰ ਵੇਖ ਕੇ) ਮੇਰੀ ਅਕਲ ਟਿਕਾਣੇ ਨਹੀਂ ਰਹਿ ਗਈ ।

ਹੇ ਪ੍ਰਭੂ-ਕੰਤ ਦੀ ਇਸਤ੍ਰੀਓ! (ਹੇ ਜੀਵ-ਇਸਤ੍ਰੀਓ! ਸਰੀਰ ਦੇ ਵਿਛੋੜੇ ਦਾ ਇਹ ਸਿਲਸਿਲਾ ਟਿਕਿਆ ਹੀ ਰਹਿਣਾ ਹੈ, ਕਿਸੇ ਨੇ ਇਥੇ ਸਦਾ ਬੈਠ ਨਹੀਂ ਰਹਿਣਾ) ਤੁਸੀ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਹਿਰਦੇ ਵਿਚ ਸੰਭਾਲ ਕੇ (ਪ੍ਰਭੂ-ਪਤੀ ਦੇ ਵਿਛੋੜੇ ਨੂੰ ਚੇਤੇ ਕਰ ਕੇ) ਵੈਰਾਗ-ਅਵਸਥਾ ਵਿਚ ਆਓ (ਤਦੋਂ ਹੀ ਜੀਵਨ ਸਫਲ ਹੋਵੇਗਾ) ।

ਸਾਕ-ਸੰਬੰਧੀ (ਮਰੇ ਪ੍ਰਾਣੀ ਦੀ ਲੋਥ ਨੂੰ) ਪਾਣੀ ਨਾਲ ਮਲ ਕੇ ਇਸ਼ਨਾਨ ਕਰਾਂਦੇ ਹਨ, ਤੇ ਰੇਸ਼ਮ (ਆਦਿਕ) ਕੱਪੜੇ ਨਾਲ (ਲਪੇਟਦੇ ਹਨ) । (ਉਸ ਨੂੰ ਮਸਾਣਾਂ ਵਿਚ ਲੈ ਜਾਣ ਵਾਸਤੇ) "ਰਾਮ ਨਾਮ ਸਤਿ ਹੈ" ਦੇ ਬੋਲ ਸ਼ੁਰੂ ਹੋ ਜਾਂਦੇ ਹਨ (ਮਾਂ, ਪਿਉ, ਭਰਾ, ਪੁੱਤਰ, ਇਸਤ੍ਰੀ ਆਦਿਕ) ਨਿਕਟੀ ਸੰਬੰਧੀ ਗ਼ਮ ਨਾਲ ਮੁਇਆਂ ਵਰਗੇ ਹੋ ਜਾਂਦੇ ਹਨ । (ਉਸ ਦੀ ਇਸਤ੍ਰੀ ਰੋਂਦੀ ਹੈ ਤੇ ਆਖਦੀ ਹੈ—) ਸਾਥੀ ਦੇ ਮਰਨ ਨਾਲ ਮੈਂ ਭੀ ਮੋਇਆ ਵਰਗੀ ਹੋ ਗਈ ਹਾਂ, ਹੁਣ ਸੰਸਾਰ ਵਿਚ ਮੇਰੇ ਜੀਊਣ ਨੂੰ ਫਿਟਕਾਰ ਹੈ ।

(ਪਰ ਇਹ ਮੋਹ ਤਾਂ ਜ਼ਰੂਰ ਦੁਖਦਾਈ ਹੈ, ਇਹ ਸਰੀਰਕ ਵਿਛੋੜੇ ਹੋਣੇ ਹੀ ਹਨ, ਹਾਂ) ਜੇਹੜਾ ਜੀਵ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਪਿਆਰ ਵਿਚ ਪ੍ਰੇਮ ਵਿਚ ਟਿਕ ਕੇ ਜਗਤ ਵਿਚ ਕਿਰਤ-ਕਾਰ ਕਰਦਾ ਹੀ ਮੋਹ ਵਲੋਂ ਮਰਦਾ ਹੈ ਉਹ (ਪਰਮਾਤਮਾ ਦੀ ਹਜ਼ੂਰੀ ਵਿਚ) ਆਦਰ ਪਾਂਦਾ ਹੈ ।੬।

ਹੇ ਜੀਵ-ਇਸਤ੍ਰੀਓ! ਜਿਤਨਾ ਚਿਰ ਸੰਸਾਰ ਵਿਚ ਤੁਹਾਨੂੰ ਮਾਇਆ ਦੇ ਮੋਹ ਨੇ ਠੱਗਿਆ ਹੋਇਆ ਹੈ,

ਤੁਸੀ ਦੁੱਖੀ ਹੀ ਰਹੋਗੀਆਂ, (ਇਹੀ ਸਮਝਿਆ ਜਾਇਗਾ ਕਿ) ਤੁਸੀ ਦੁੱਖੀ ਹੋਣ ਵਾਸਤੇ ਹੀ ਜਗਤ ਵਿਚ ਆਈਆਂ ਹੋ ।

ਜਦ ਤਕ ਮੈਂ ਮਾਇਆ ਦੇ ਆਹਰ ਵਿਚ ਮਾਇਆ ਦੀ ਦੌੜ-ਭੱਜ ਵਿਚ ਠੱਗੀ ਜਾ ਰਹੀ ਹਾਂ, ਤਦ ਤਕ ਨਿਖਸਮੀਆਂ ਵਾਲੀ ਕਾਰ ਦੇ ਕਾਰਨ ਖਸਮ-ਪ੍ਰਭੂ ਨੇ ਮੈਨੂੰ ਛੱਡਿਆ ਹੋਇਆ ਹੈ ।

ਖਸਮ-ਪ੍ਰਭੂ ਤਾਂ ਹਰੇਕ ਜੀਵ-ਇਸਤ੍ਰੀ ਦੇ ਹਿਰਦੇ ਵਿਚ ਵੱਸ ਰਿਹਾ ਹੈ । ਉਸ ਦੀਆਂ ਅਸਲ ਇਸਤ੍ਰੀਆਂ ਉਹੀ ਹਨ ਜੋ ਉਸ ਸੁੰਦਰ ਪ੍ਰਭੂ ਦੇ ਪਿਆਰ ਵਿਚ ਪ੍ਰੇਮ ਵਿਚ ਮਗਨ ਰਹਿੰਦੀਆਂ ਹਨ ।

ਜਿਤਨਾ ਚਿਰ ਮੈਂ ਸਦਾ-ਥਿਰ ਪ੍ਰਭੂ-ਪਤੀ ਦੀ ਸਿਫ਼ਤਿ-ਸਾਲਾਹ ਕਰਦੀ ਹਾਂ ਉਸ ਖ਼ਸਮ ਦੇ ਨਾਮ ਵਿਚ ਜੁੜੇ ਰਹਿਣ ਦੇ ਕਾਰਨ ਮੇਰਾ ਤਨ ਮਨ ਖਿੜਿਆ ਰਹਿੰਦਾ ਹੈ ।੭।

ਜੇ ਗੁਰੂ ਮਿਲ ਪਏ ਤਾਂ ਜੀਵ-ਇਸਤ੍ਰੀ ਦੀ ਕਾਂਇਆਂ ਹੀ ਪਲਟ ਜਾਂਦੀ ਹੈ, ਜੀਵ-ਇਸਤ੍ਰੀ ਸਦਾ-ਥਿਰ ਪ੍ਰਭੂ ਦੇ ਨਾਮ ਨੂੰ ਆਪਣਾ ਸਿੰਗਾਰ ਬਣਾ ਲੈਂਦੀ ਹੈ ।

ਹੇ ਸਹੇਲੀਹੋ! (ਹੇ ਸਤ-ਸੰਗੀਓ!) ਆਓ, ਰਲ ਕੇ ਬੈਠੀਏ । ਰਲ ਕੇ ਸਿਰਜਣਹਾਰ ਦਾ ਸਿਮਰਨ ਕਰੋ । ਜੇਹੜੀ ਜੀਵ-ਇਸਤ੍ਰੀ ਪ੍ਰਭੂ ਦੇ ਨਾਮ ਵਿਚ ਜੁੜਦੀ ਹੈ ਉਹ ਸੁਹਾਗ-ਭਾਗ ਵਾਲੀ ਹੋ ਜਾਂਦੀ ਹੈ, ਸਦਾ-ਥਿਰ ਪ੍ਰਭੂ ਉਸ ਦੇ ਜੀਵਨ ਨੂੰ ਸੋਹਣਾ ਬਣਾ ਦੇਂਦਾ ਹੈ । ਹੇ ਨਾਨਕ! (ਆਖ—ਹੇ ਸਹੇਲੀਹੋ!) ਪ੍ਰਭੂ-ਪਤੀ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਵੋ, ਪ੍ਰਭੂ ਦੇ ਗੁਣਾਂ ਨੂੰ ਆਪਣੇ ਹਿਰਦੇ ਵਿਚ ਵਸਾਉ, ਫਿਰ ਕਦੇ ਉਸ ਤੋਂ ਵਿਛੋੜਾ ਨਹੀਂ ਹੋਵੇਗਾ (ਦੁਨੀਆ ਵਾਲੇ ਵਿਛੋੜੇ ਤਾਂ ਇਕ ਅਟੱਲ ਨਿਯਮ ਹੈ, ਇਹ ਹੁੰਦੇ ਹੀ ਰਹਿਣੇ ਹਨ) ।੮।੩।

ਵਡਹੰਸੁ ਮਹਲਾ ੧ ॥ ਜਿਨਿ ਜਗੁ ਸਿਰਜਿ ਸਮਾਇਆ ਸੋ ਸਾਹਿਬੁ ਕੁਦਰਤਿ ਜਾਣੋਵਾ ॥ ਸਚੜਾ ਦੂਰਿ ਨ ਭਾਲੀਐ ਘਟਿ ਘਟਿ ਸਬਦੁ ਪਛਾਣੋਵਾ ॥ ਸਚੁ ਸਬਦੁ ਪਛਾਣਹੁ ਦੂਰਿ ਨ ਜਾਣਹੁ ਜਿਨਿ ਏਹ ਰਚਨਾ ਰਾਚੀ ॥ ਨਾਮੁ ਧਿਆਏ ਤਾ ਸੁਖੁ ਪਾਏ ਬਿਨੁ ਨਾਵੈ ਪਿੜ ਕਾਚੀ ॥ ਜਿਨਿ ਥਾਪੀ ਬਿਧਿ ਜਾਣੈ ਸੋਈ ਕਿਆ ਕੋ ਕਹੈ ਵਖਾਣੋ ॥ ਜਿਨਿ ਜਗੁ ਥਾਪਿ ਵਤਾਇਆ ਜਾਲੋੁ ਸੋ ਸਾਹਿਬੁ ਪਰਵਾਣੋ ॥੧॥ ਬਾਬਾ ਆਇਆ ਹੈ ਉਠਿ ਚਲਣਾ ਅਧ ਪੰਧੈ ਹੈ ਸੰਸਾਰੋਵਾ ॥ ਸਿਰਿ ਸਿਰਿ ਸਚੜੈ ਲਿਖਿਆ ਦੁਖੁ ਸੁਖੁ ਪੁਰਬਿ ਵੀਚਾਰੋਵਾ ॥ ਦੁਖੁ ਸੁਖੁ ਦੀਆ ਜੇਹਾ ਕੀਆ ਸੋ ਨਿਬਹੈ ਜੀਅ ਨਾਲੇ ॥ ਜੇਹੇ ਕਰਮ ਕਰਾਏ ਕਰਤਾ ਦੂਜੀ ਕਾਰ ਨ ਭਾਲੇ ॥ ਆਪਿ ਨਿਰਾਲਮੁ ਧੰਧੈ ਬਾਧੀ ਕਰਿ ਹੁਕਮੁ ਛਡਾਵਣਹਾਰੋ ॥ ਅਜੁ ਕਲਿ ਕਰਦਿਆ ਕਾਲੁ ਬਿਆਪੈ ਦੂਜੈ ਭਾਇ ਵਿਕਾਰੋ ॥੨॥ ਜਮ ਮਾਰਗ ਪੰਥੁ ਨ ਸੁਝਈ ਉਝੜੁ ਅੰਧ ਗੁਬਾਰੋਵਾ ॥ ਨਾ ਜਲੁ ਲੇਫ ਤੁਲਾਈਆ ਨਾ ਭੋਜਨ ਪਰਕਾਰੋਵਾ ॥ ਭੋਜਨ ਭਾਉ ਨ ਠੰਢਾ ਪਾਣੀ ਨਾ ਕਾਪੜੁ ਸੀਗਾਰੋ ॥ ਗਲਿ ਸੰਗਲੁ ਸਿਰਿ ਮਾਰੇ ਊਭੌ ਨਾ ਦੀਸੈ ਘਰ ਬਾਰੋ ॥ ਇਬ ਕੇ ਰਾਹੇ ਜੰਮਨਿ ਨਾਹੀ ਪਛੁਤਾਣੇ ਸਿਰਿ ਭਾਰੋ ॥ ਬਿਨੁ ਸਾਚੇ ਕੋ ਬੇਲੀ ਨਾਹੀ ਸਾਚਾ ਏਹੁ ਬੀਚਾਰੋ ॥੩॥ ਬਾਬਾ ਰੋਵਹਿ ਰਵਹਿ ਸੁ ਜਾਣੀਅਹਿ ਮਿਲਿ ਰੋਵੈ ਗੁਣ ਸਾਰੇਵਾ ॥ ਰੋਵੈ ਮਾਇਆ ਮੁਠੜੀ ਧੰਧੜਾ ਰੋਵਣਹਾਰੇਵਾ ॥ ਧੰਧਾ ਰੋਵੈ ਮੈਲੁ ਨ ਧੋਵੈ ਸੁਪਨੰਤਰੁ ਸੰਸਾਰੋ ॥

ਜਿਉ ਬਾਜੀਗਰੁ ਭਰਮੈ ਭੂਲੈ ਝੂਠਿ ਮੁਠੀ ਅਹੰਕਾਰੋ ॥ ਆਪੇ ਮਾਰਗਿ ਪਾਵਣਹਾਰਾ ਆਪੇ ਕਰਮ ਕਮਾਏ ॥ ਨਾਮਿ ਰਤੇ ਗੁਰਿ ਪੂਰੈ ਰਾਖੇ ਨਾਨਕ ਸਹਜਿ ਸੁਭਾਏ ॥੪॥੪॥ {ਪੰਨਾ 581}

ਪਦਅਰਥ:- ਜਿਨਿ—ਜਿਸ ਪਰਮਾਤਮਾ ਨੇ । ਸਿਰਜਿ—ਪੈਦਾ ਕਰ ਕੇ । ਸਮਾਇਆ—(ਆਪਣੇ ਆਪ ਵਿਚ) ਲੀਨ ਕਰ ਲਿਆ । ਕੁਦਰਤਿ ਜਾਣੋ—ਕੁਦਰਤਿ ਵਿਚ ਵੱਸਦਾ ਜਾਣੁ (ਹੇ ਭਾਈ!) । ਸਚੜਾ—ਸਦਾ-ਥਿਰ ਰਹਿਣ ਵਾਲਾ । ਘਟਿ ਘਟਿ—ਹਰੇਕ ਘਟ ਵਿਚ । ਸਬਦੁ ਪਛਾਣੋ—(ਹੇ ਭਾਈ!) ਉਸ ਪਰਮਾਤਮਾ ਦਾ ਸ਼ਬਦ ਪਛਾਣ । ਸਬਦੁ—ਹੁਕਮ । ਸਚੁ—ਸਦਾ-ਥਿਰ । ਜਿਨਿ—ਜਿਸ ਪਰਮਾਤਮਾ ਨੇ । ਰਾਚੀ—ਰਚੀ, ਬਣਾਈ । ਪਿੜ ਕਾਚੀ—ਪਿੜ ਦੀ ਕੱਚੀ, ਵਿਕਾਰਾਂ ਦੇ ਟਾਕਰੇ ਤੇ ਜਿੱਤਣ ਤੋਂ ਅਸਮਰਥ । ਬਿਧਿ—ਤਰੀਕਾ । ਵਖਾਣੋ—ਵਖਾਣੁ, ਉਪਦੇਸ਼ । ਵਤਾਇਆ—ਵਿਛਾਇਆ । ਜਾਲੁੋ—(ਅਸਲ ਪਾਠ 'ਜਾਲੁ' ਹੈ, ਇਥੇ 'ਜਾਲੋ' ਪੜ੍ਹਨਾ ਹੈ) ।੧।

ਬਾਬਾ—ਹੇ ਭਾਈ! ਅਧ ਪੰਧੈ—ਅੱਧ ਵਾਟੇ, ਜਨਮ ਮਰਨ ਵਿਚ । ਸੰਸਾਰੋ—ਸੰਸਾਰ, ਜਗਤ । ਸਿਰਿ ਸਿਰਿ—ਹਰੇਕ ਦੇ ਸਿਰ ਉੱਤੇ । ਸਚੜੈ—ਸਦਾ-ਥਿਰ ਰਹਿਣ ਵਾਲੇ ਪ੍ਰਭੂ ਨੇ । ਪੁਰਬਿ ਵੀਚਾਰੋ—ਪੁਰਬਿ ਵੀਚਾਰੁ, ਪੂਰਬਲੇ ਸਮੇ ਵਿਚ ਕੀਤੇ ਕਰਮਾਂ ਦਾ ਵਿਚਾਰ । ਜੇਹਾ ਕੀਆ—ਜਿਹੋ ਜਿਹਾ ਕਿਸੇ ਨੇ ਕਰਮ ਕੀਤਾ । ਦੂਜੀ—ਕੋਈ ਹੋਰ । ਨਿਰਾਲਮੁ—ਨਿਰਲੇਪ । ਬਾਧੀ—ਬੱਝੀ ਹੋਈ । ਕਾਲੁ ਵਿਆਪੈ—ਮੌਤ ਆ ਦਬਾਂਦੀ ਹੈ । ਭਾਇ—ਪਿਆਰ ਵਿਚ । ਵਿਕਾਰੋ—ਵਿਕਾਰੁ, ਵਿਅਰਥ ਕੰਮ ।੨।

ਮਾਰਗੁ—ਰਸਤਾ । ਪੰਥੁ—ਰਸਤਾ । ਉਝੜੁ—ਉਜਾੜ । ਅੰਧ ਗੁਬਾਰੋ—ਅੰਧ ਗੁਬਾਰੁ, ਘੁੱਪ ਹਨੇਰਾ । ਪਰਕਾਰੋ—ਪਰਕਾਰ, ਕਿਸਮ । ਨਾ ਭੋਜਨ ਪਰਕਾਰੋ—ਨਾਹ ਕਿਸੇ ਕਿਸਮ ਦਾ ਭੋਜਨ । ਗਲਿ—ਗਲ ਵਿਚ । ਸਿਰਿ—ਸਿਰ ਉਤੇ । ਊਭੌ—ਖਲੋਤਾ ਹੋਇਆ । ਘਰ ਬਾਰ—ਘਰ ਘਾਟ, ਕੋਈ ਆਸਰਾ । ਇਬ ਕੇ ਰਾਹੇ—ਹੁਣ ਦੇ ਬੀਜੇ ਹੋਏ । ਜੰਮਨਿ ਨਾਹੀ—ਨਹੀਂ ਉੱਗਦੇ ।੩।

ਬਾਬਾ—ਹੇ ਭਾਈ! ਰੋਵਹਿ—ਜੋ ਵੈਰਾਗ ਵਿਚ ਆਉਂਦੇ ਹਨ । ਰਵਹਿ—ਜੋ ਨਾਮ ਸਿਮਰਦੇ ਹਨ । ਸੁ—ਉਹ ਬੰਦੇ । ਜਾਣੀਅਹਿ—ਆਦਰ ਪਾਂਦੇ ਹਨ । ਮਿਲਿ—(ਸਾਧ ਸੰਗਤਿ ਵਿਚ) ਮਿਲ ਕੇ । ਰੋਵੈ—ਜੋ ਵੈਰਾਗਵਾਨ ਹੁੰਦਾ ਹੈ । ਸਾਰੇ—ਸੰਭਾਲਦਾ ਹੈ । ਰੋਵੈ—ਦੁੱਖੀ ਹੁੰਦਾ ਹੈ । ਮੁਠੜੀ—ਲੁੱਟੀ ਹੋਈ । ਸੁਪਨੰਤਰੁ—ਸੁਪਨ-ਅੰਤਰੁ, ਇਕ ਹੋਰ ਸੁਪਨਾ । ਮਾਰਗਿ—ਰਸਤੇ ਉਤੇ । ਨਾਮਿ—ਨਾਮ ਵਿਚ । ਗੁਰਿ—ਗੁਰੂ ਨੇ । ਸਹਜਿ—ਆਤਮਕ ਅਡੋਲਤਾ ਵਿਚ । ਸੁਭਾਏ—ਸੁਭਾਇ, ਸ੍ਰੇਸ਼ਟ ਪ੍ਰੇਮ ਵਿਚ ।੪।

ਅਰਥ:- (ਹੇ ਭਾਈ!) ਜਿਸ ਪਰਮਾਤਮਾ ਨੇ ਜਗਤ ਪੈਦਾ ਕਰ ਕੇ ਇਸ ਨੂੰ ਆਪਣੇ ਆਪ ਵਿਚ ਲੀਨ ਕਰਨ ਦੀ ਤਾਕਤ ਭੀ ਆਪਣੇ ਪਾਸ ਰੱਖੀ ਹੋਈ ਹੈ ਉਸ ਮਾਲਕ ਨੂੰ ਇਸ ਕੁਦਰਤਿ ਵਿਚ ਵੱਸਦਾ ਸਮਝ । (ਹੇ ਭਾਈ!) ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨੂੰ (ਰਚੀ ਕੁਦਰਤਿ ਤੋਂ) ਦੂਰ (ਕਿਸੇ ਹੋਰ ਥਾਂ) ਲੱਭਣ ਦਾ ਜਤਨ ਨਹੀਂ ਕਰਨਾ ਚਾਹੀਦਾ । ਹਰੇਕ ਸਰੀਰ ਵਿਚ ਉਸੇ ਦਾ ਹੁਕਮ ਵਰਤਦਾ ਪਛਾਣ । (ਹੇ ਭਾਈ!) ਜਿਸ ਪਰਮਾਤਮਾ ਨੇ ਇਹ ਰਚਨਾ ਰਚੀ ਹੈ ਉਸ ਨੂੰ ਇਸ ਤੋਂ ਦੂਰ (ਕਿਤੇ ਵੱਖਰਾ) ਨਾਹ ਸਮਝੋ, (ਹਰੇਕ ਸਰੀਰ ਵਿਚ) ਉਸ ਦਾ ਅਟੱਲ ਹੁਕਮ ਵਰਤਦਾ ਪਛਾਣੋ ।

ਜਦੋਂ ਮਨੁੱਖ ਪਰਮਾਤਮਾ ਦਾ ਨਾਮ ਸਿਮਰਦਾ ਹੈ ਤਦੋਂ ਆਤਮਕ ਆਨੰਦ ਮਾਣਦਾ ਹੈ (ਤੇ ਵਿਕਾਰਾਂ ਦਾ

ਜ਼ੋਰ ਭੀ ਇਸ ਉਤੇ ਨਹੀਂ ਪੈ ਸਕਦਾ, ਪਰ) ਪ੍ਰਭੂ ਦੇ ਨਾਮ ਤੋਂ ਬਿਨਾ ਲੁਕਾਈ ਵਿਕਾਰਾਂ ਦੇ ਟਾਕਰੇ ਤੇ ਜਿੱਤਣ ਤੋਂ ਅਸਮਰਥ ਹੋ ਜਾਂਦੀ ਹੈ ।

ਜਿਸ ਪਰਮਾਤਮਾ ਨੇ ਰਚਨਾ ਰਚੀ ਹੈ ਉਹੀ ਇਸ ਦੀ ਰੱਖਿਆ ਦੀ ਵਿਧੀ ਭੀ ਜਾਣਦਾ ਹੈ, ਕੋਈ ਜੀਵ (ਉਸ ਦੇ ਉਲਟ) ਕੋਈ (ਹੋਰ) ਉਪਦੇਸ਼ ਨਹੀਂ ਕਰ ਸਕਦਾ । ਜਿਸ ਪ੍ਰਭੂ ਨੇ ਜਗਤ ਪੈਦਾ ਕਰ ਕੇ (ਇਸ ਦੇ ਉਪਰ ਮਾਇਆ ਦੇ ਮੋਹ ਦਾ) ਜਾਲ ਵਿਛਾ ਰੱਖਿਆ ਹੈ ਉਹੀ ਮੰਨਿਆ-ਪ੍ਰਮੰਨਿਆ ਮਾਲਕ ਹੈ (ਤੇ ਉਹੀ ਇਸ ਜਾਲ ਵਿਚੋਂ ਜੀਵਾਂ ਨੂੰ ਬਚਾਣ ਦੇ ਸਮਰੱਥ ਹੈ) ।੧।

ਹੇ ਭਾਈ! ਜੇਹੜਾ ਭੀ ਜੀਵ (ਜਗਤ ਵਿਚ ਜਨਮ ਲੈ ਕੇ) ਆਇਆ ਹੈ ਉਸ ਨੇ ਜ਼ਰੂਰ (ਇਥੋਂ) ਚਲੇ ਜਾਣਾ ਹੈ (ਜੀਵ ਆਇਆ ਹੈ ਇਥੇ ਪ੍ਰਭੂ ਦਾ ਨਾਮ-ਧਨ ਵਿਹਾਝਣ । ਨਾਮ ਤੋਂ ਬਿਨਾ) ਜਗਤ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ । ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨੇ ਹਰੇਕ ਜੀਵ ਦੇ ਸਿਰ ਉਤੇ ਉਸ ਦੇ ਪੂਰਬਲੇ ਸਮੇ ਵਿਚ ਕੀਤੇ ਕਰਮਾਂ ਦੇ ਵਿਚਾਰ ਅਨੁਸਾਰ ਦੁੱਖ ਅਤੇ ਸੁਖ (ਭੋਗਣ) ਦੇ ਲੇਖ ਲਿਖ ਦਿੱਤੇ ਹਨ । ਜਿਹੋ ਜਿਹਾ ਕਰਮ ਜੀਵ ਨੇ ਕੀਤਾ ਉਹੋ ਜਿਹਾ ਦੁੱਖ ਤੇ ਸੁਖ ਪਰਮਾਤਮਾ ਨੇ ਉਸ ਨੂੰ ਦੇ ਦਿੱਤਾ ਹੈ । ਹਰੇਕ ਜੀਵ ਦੇ ਕੀਤੇ ਕਰਮਾਂ ਦਾ ਸਮੂਹ ਉਸ ਦੇ ਨਾਲ ਹੀ ਨਿਭਦਾ ਹੈ ।

(ਪਰ ਜੀਵਾਂ ਦੇ ਭੀ ਕੀਹ ਵੱਸ?) ਕਰਤਾਰ ਆਪ ਹੀ ਜਿਹੋ ਜਿਹੇ ਕਰਮ ਜੀਵਾਂ ਪਾਸੋਂ ਕਰਾਂਦਾ ਹੈ (ਉਹੋ ਜਿਹੇ ਕਰਮ ਜੀਵ ਕਰਦੇ ਹਨ) ਕੋਈ ਭੀ ਜੀਵ (ਪ੍ਰਭੂ ਦੀ ਰਜ਼ਾ ਤੋਂ ਲਾਂਭੇ ਜਾ ਕੇ) ਕੋਈ ਹੋਰ ਕੰਮ ਨਹੀਂ ਕਰ ਸਕਦਾ । ਪਰਮਾਤਮਾ ਆਪ ਤਾਂ (ਕਰਮਾਂ ਤੋਂ) ਨਿਰਲੇਪ ਹੈ, ਲੁਕਾਈ (ਆਪੋ ਆਪਣੇ ਕੀਤੇ ਕਰਮਾਂ ਅਨੁਸਾਰ ਮਾਇਆ ਦੇ) ਆਹਰ ਵਿਚ ਬੱਝੀ ਪਈ ਹੈ । (ਮਾਇਆ ਦੇ ਇਹਨਾਂ ਬੰਧਨਾਂ ਤੋਂ ਭੀ) ਪਰਮਾਤਮਾ ਆਪ ਹੀ ਹੁਕਮ ਕਰ ਕੇ ਛੁਡਾਣ ਦੇ ਸਮਰੱਥ ਹੈ । (ਜੀਵ ਮਾਇਆ ਦੇ ਪ੍ਰਭਾਵ ਵਿਚ ਨਾਮ ਸਿਮਰਨ ਵਲੋਂ ਆਲਸ ਕਰਦਾ ਰਹਿੰਦਾ ਹੈ) ਅੱਜ ਸਿਮਰਨ ਕਰਦਾ ਹਾਂ, ਭਲਕੇ ਕਰਾਂਗਾ (ਇਹੀ ਟਾਲ-ਮਟੋਲੇ) ਕਰਦੇ ਨੂੰ ਮੌਤ ਆ ਦਬਾਂਦੀ ਹੈ । (ਪ੍ਰਭੂ ਨੂੰ ਵਿਸਾਰ ਕੇ) ਹੋਰ ਦੇ ਮੋਹ ਵਿਚ ਫਸਿਆ ਵਿਅਰਥ ਕੰਮ ਕਰਦਾ ਰਹਿੰਦਾ ਹੈ ।੨।

(ਸਾਰੀ ਉਮਰ ਮਾਇਆ ਦੀ ਦੌੜ-ਭੱਜ ਵਿਚ ਰਹਿ ਕੇ ਪਰਮਾਤਮਾ ਦਾ ਨਾਮ ਭੁਲਾਣ ਦੇ ਕਾਰਨ ਆਖ਼ਰ ਮੌਤ ਆਉਣ ਤੇ) ਜੀਵ ਜਮ ਵਾਲਾ ਰਸਤਾ ਫੜਦਾ ਹੈ (ਜੇਹੜਾ ਇਸ ਦੇ ਭਾ ਦਾ) ਉਜਾੜ ਹੀ ਉਜਾੜ ਹੈ ਜਿਥੇ ਇਸ ਨੂੰ ਘੁੱਪ ਹਨੇਰਾ ਜਾਪਦਾ ਹੈ, ਜੀਵ ਨੂੰ ਕੁਝ ਨਹੀਂ ਸੁੱਝਦਾ (ਕਿ ਇਸ ਬਿਪਤਾ ਵਿਚੋਂ ਕਿਵੇਂ ਨਿਕਲਾਂ) । (ਸਾਰੀ ਉਮਰ ਦੁਨੀਆ ਦੇ ਪਦਾਰਥ ਇਕੱਠੇ ਕਰਦਾ ਰਿਹਾ, ਪਰ ਜਮ ਦੇ ਰਸਤੇ ਪਏ ਨੂੰ) ਨਾਹ ਪਾਣੀ, ਨਾਹ ਲੇਫ, ਨਾਹ ਤੁਲਾਈ ਨਾ ਕਿਸੇ ਕਿਸਮ ਦਾ ਭੋਜਨ, ਨਾਹ ਠੰਢਾ ਪਾਣੀ, ਨਾਹ ਕੋਈ ਸੋਹਣਾ ਕੱਪੜਾ (ਇਹ ਸਾਰੇ ਪਦਾਰਥ ਮੌਤ ਨੇ ਖੋਹ ਲਏ, ਦੁਨੀਆ ਵਿਚ ਹੀ ਧਰੇ ਰਹਿ ਗਏ) ।

ਜਮਰਾਜ ਜੀਵ ਦੇ ਗਲ ਵਿਚ (ਮਾਇਆ ਦੇ ਮੋਹ ਦਾ) ਸੰਗਲ ਪਾ ਕੇ ਇਸ ਦੇ ਸਿਰ ਉਤੇ ਖਲੋਤਾ ਚੋਟਾਂ ਮਾਰਦਾ ਹੈ, (ਇਹਨਾਂ ਚੋਟਾਂ ਤੋਂ ਬਚਣ ਲਈ) ਇਸ ਨੂੰ ਕੋਈ ਆਸਰਾ ਨਹੀਂ ਦਿੱਸਦਾ । (ਜਦੋਂ ਜਮਾਂ ਦੀਆਂ ਚੋਟਾਂ ਪੈ ਰਹੀਆਂ ਹੁੰਦੀਆਂ ਹਨ) ਉਸ ਵੇਲੇ ਦੇ ਬੀਜੇ ਹੋਏ (ਸਿਮਰਨ ਸੇਵਾ ਆਦਿਕ ਦੇ ਬੀਜ) ਉੱਗ ਨਹੀਂ ਸਕਦੇ । ਤਦੋਂ ਪਛੁਤਾਂਦਾ ਹੈ, ਕੀਤੇ ਪਾਪਾਂ ਦਾ ਭਾਰ ਸਿਰ ਉਤੇ ਪਿਆ ਹੈ (ਜੋ ਲਹਿ ਨਹੀਂ ਸਕਦਾ) ।

ਹੇ ਭਾਈ! ਇਸ ਅਟੱਲ ਵਿਚਾਰ ਨੂੰ ਚੇਤੇ ਰੱਖੋ ਕਿ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਤੋਂ ਬਿਨਾ ਹੋਰ ਕੋਈ ਸਾਥੀ ਨਹੀਂ ਬਣਦਾ ।੩।

ਹੇ ਭਾਈ! ਜੇਹੜੇ ਮਨੁੱਖ ਪਰਮਾਤਮਾ ਦਾ ਨਾਮ ਸਿਮਰਦੇ ਹਨ ਤੇ ਵੈਰਾਗਵਾਨ ਹੁੰਦੇ ਹਨ ਉਹ (ਲੋਕ ਪਰਲੋਕ ਵਿਚ) ਆਦਰ ਪਾਂਦੇ ਹਨ । ਜੇਹੜਾ ਭੀ ਜੀਵ ਸਾਧ ਸੰਗਤਿ ਵਿਚ ਮਿਲ ਕੇ ਪ੍ਰਭੂ ਦੇ ਗੁਣ ਹਿਰਦੇ ਵਿਚ ਵਸਾਂਦਾ ਹੈ ਤੇ ਵੈਰਾਗਵਾਨ ਹੁੰਦਾ ਹੈ (ਉਹ ਆਦਰ ਪਾਂਦਾ ਹੈ) ।

ਪਰ ਜਿਸ ਜੀਵ-ਇਸਤ੍ਰੀ ਨੂੰ ਮਾਇਆ ਦੇ ਮੋਹ ਨੇ ਲੁੱਟ ਲਿਆ ਹੈ ਉਹ ਦੁੱਖੀ ਹੁੰਦੀ ਹੈ । (ਮੋਹ-ਫਾਥੇ ਜੀਵ ਸਾਰੀ ਉਮਰ) ਧੰਧਾ ਹੀ ਪਿੱਟਦੇ ਹਨ ਤੇ ਦੁੱਖੀ ਹੁੰਦੇ ਹਨ ।

ਜੇਹੜਾ ਜੀਵ (ਸਾਰੀ ਉਮਰ) ਮਾਇਆ ਦਾ ਆਹਰ ਕਰਦਾ ਹੀ ਦੁੱਖੀ ਰਹਿੰਦਾ ਹੈ, ਤੇ ਕਦੇ (ਆਪਣੇ ਮਨ ਦੀ) ਮਾਇਆ ਦੀ ਮੈਲ ਨਹੀਂ ਧੋਂਦਾ, ਉਸ ਦੇ ਵਾਸਤੇ ਸੰਸਾਰ (ਭਾਵ, ਸਾਰੀ ਹੀ ਉਮਰ) ਇਕ ਸੁਪਨਾ ਹੀ ਬਣਿਆ ਰਿਹਾ (ਭਾਵ, ਉਸ ਨੇ ਇਥੋਂ ਖੱਟਿਆ ਕੁਝ ਵੀ ਨਾਹ, ਜਿਵੇਂ ਮਨੁੱਖ ਸੁਪਨੇ ਵਿਚ ਦੌੜ-ਭੱਜ ਤਾਂ ਕਰਦਾ ਹੈ ਪਰ ਜਾਗ ਆਉਣ ਤੇ ਉਸ ਦੇ ਪੱਲੇ ਕੁਝ ਭੀ ਨਹੀਂ ਹੁੰਦਾ) । ਜਿਵੇਂ ਬਾਜ਼ੀਗਰ (ਤਮਾਸ਼ਾ ਵਿਖਾਂਦਾ ਹੈ, ਵੇਖਣ ਵਾਲਾ ਜੀਵ ਉਸ ਦੇ ਤਮਾਸ਼ੇ ਵਿਚ ਰੁੱਝਾ ਰਹਿੰਦਾ ਹੈ, ਤਿਵੇਂ) ਕੂੜੇ ਮੋਹ ਦੀ ਠਗੀ ਹੋਈ ਜੀਵ-ਇਸਤ੍ਰੀ ਭਟਕਣਾ ਵਿਚ ਪੈ ਕੇ ਕੁਰਾਹੇ ਪਈ ਰਹਿੰਦੀ ਹੈ, (ਕੂੜੀ ਮਾਇਆ ਦਾ) ਮਾਣ ਕਰਦੀ ਹੈ ।

(ਪਰ ਜੀਵਾਂ ਦੇ ਕੀਹ ਵੱਸ?) ਪਰਮਾਤਮਾ ਆਪ ਹੀ (ਜੀਵਾਂ ਨੂੰ) ਸਹੀ ਰਸਤੇ ਤੇ ਪਾਣ ਵਾਲਾ ਹੈ, ਆਪ ਹੀ (ਜੀਵਾਂ ਵਿਚ ਵਿਆਪਕ ਹੋ ਕੇ) ਕਰਮ ਕਰ ਰਿਹਾ ਹੈ ।

ਹੇ ਨਾਨਕ! ਜੇਹੜੇ ਬੰਦੇ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗੇ ਰਹਿੰਦੇ ਹਨ, ਉਹਨਾਂ ਨੂੰ ਪੂਰੇ ਗੁਰੂ ਨੇ (ਮਾਇਆ ਦੇ ਮੋਹ ਤੋਂ) ਬਚਾ ਲਿਆ ਹੈ, ਉਹ ਆਤਮਕ ਅਡੋਲਤਾ ਵਿਚ ਟਿਕੇ ਰਹਿੰਦੇ ਹਨ, ਉਹ ਪ੍ਰਭੂ ਦੇ ਪ੍ਰੇਮ ਵਿਚ ਜੁੜੇ ਰਹਿੰਦੇ ਹਨ ।੪।੪।

ਵਡਹੰਸੁ ਮਹਲਾ ੧ ॥ ਬਾਬਾ ਆਇਆ ਹੈ ਉਠਿ ਚਲਣਾ ਇਹੁ ਜਗੁ ਝੂਠੁ ਪਸਾਰੋਵਾ ॥ ਸਚਾ ਘਰੁ ਸਚੜੈ ਸੇਵੀਐ ਸਚੁ ਖਰਾ ਸਚਿਆਰੋਵਾ ॥ ਕੂੜਿ ਲਬਿ ਜਾਂ ਥਾਇ ਨ ਪਾਸੀ ਅਗੈ ਲਹੈ ਨ ਠਾਓ ॥ ਅੰਤਰਿ ਆਉ ਨ ਬੈਸਹੁ ਕਹੀਐ ਜਿਉ ਸੁੰਞੈ ਘਰਿ ਕਾਓ ॥ ਜੰਮਣੁ ਮਰਣੁ ਵਡਾ ਵੇਛੋੜਾ ਬਿਨਸੈ ਜਗੁ ਸਬਾਏ ॥ ਲਬਿ ਧੰਧੈ ਮਾਇਆ ਜਗਤੁ ਭੁਲਾਇਆ ਕਾਲੁ ਖੜਾ ਰੂਆਏ ॥੧॥ ਬਾਬਾ ਆਵਹੁ ਭਾਈਹੋ ਗਲਿ ਮਿਲਹ ਮਿਲਿ ਮਿਲਿ ਦੇਹ ਆਸੀਸਾ ਹੇ ॥ ਬਾਬਾ ਸਚੜਾ ਮੇਲੁ ਨ ਚੁਕਈ ਪ੍ਰੀਤਮ ਕੀਆ ਦੇਹ ਅਸੀਸਾ ਹੇ ॥ ਆਸੀਸਾ ਦੇਵਹੋ ਭਗਤਿ ਕਰੇਵਹੋ ਮਿਲਿਆ ਕਾ ਕਿਆ ਮੇਲੋ ॥ ਇਕਿ ਭੂਲੇ ਨਾਵਹੁ ਥੇਹਹੁ ਥਾਵਹੁ ਗੁਰ ਸਬਦੀ ਸਚੁ ਖੇਲੋ ॥ ਜਮ ਮਾਰਗਿ ਨਹੀ ਜਾਣਾ ਸਬਦਿ ਸਮਾਣਾ ਜੁਗਿ ਜੁਗਿ ਸਾਚੈ ਵੇਸੇ ॥ ਸਾਜਨ ਸੈਣ ਮਿਲਹੁ ਸੰਜੋਗੀ ਗੁਰ ਮਿਲਿ ਖੋਲੇ ਫਾਸੇ ॥੨॥ ਬਾਬਾ ਨਾਂਗੜਾ ਆਇਆ ਜਗ ਮਹਿ ਦੁਖੁ ਸੁਖੁ ਲੇਖੁ ਲਿਖਾਇਆ ॥ ਲਿਖਿਅੜਾ ਸਾਹਾ ਨਾ ਟਲੈ ਜੇਹੜਾ ਪੁਰਬਿ ਕਮਾਇਆ ॥ ਬਹਿ ਸਾਚੈ ਲਿਖਿਆ ਅੰਮ੍ਰਿਤੁ ਬਿਖਿਆ ਜਿਤੁ ਲਾਇਆ ਤਿਤੁ ਲਾਗਾ ॥ ਕਾਮਣਿਆਰੀ ਕਾਮਣ ਪਾਏ ਬਹੁ ਰੰਗੀ ਗਲਿ ਤਾਗਾ ॥ ਹੋਛੀ ਮਤਿ ਭਇਆ ਮਨੁ ਹੋਛਾ ਗੁੜੁ ਸਾ ਮਖੀ ਖਾਇਆ ॥ ਨਾ ਮਰਜਾਦੁ ਆਇਆ ਕਲਿ ਭੀਤਰਿ ਨਾਂਗੋ ਬੰਧਿ ਚਲਾਇਆ ॥੩॥ ਬਾਬਾ ਰੋਵਹੁ ਜੇ ਕਿਸੈ

ਰੋਵਣਾ ਜਾਨੀਅੜਾ ਬੰਧਿ ਪਠਾਇਆ ਹੈ ॥ ਲਿਖਿਅੜਾ ਲੇਖੁ ਨ ਮੇਟੀਐ ਦਰਿ ਹਾਕਾਰੜਾ ਆਇਆ ਹੈ ॥ ਹਾਕਾਰਾ ਆਇਆ ਜਾ ਤਿਸੁ ਭਾਇਆ ਰੁੰਨੇ ਰੋਵਣਹਾਰੇ ॥ ਪੁਤ ਭਾਈ ਭਾਤੀਜੇ ਰੋਵਹਿ ਪ੍ਰੀਤਮ ਅਤਿ ਪਿਆਰੇ ॥ ਭੈ ਰੋਵੈ ਗੁਣ ਸਾਰਿ ਸਮਾਲੇ ਕੋ ਮਰੈ ਨ ਮੁਇਆ ਨਾਲੇ ॥ ਨਾਨਕ ਜੁਗਿ ਜੁਗਿ ਜਾਣ ਸਿਜਾਣਾ ਰੋਵਹਿ ਸਚੁ ਸਮਾਲੇ ॥੪॥੫॥ ਵਡਹੰਸੁ ਮਹਲਾ ੩ ਮਹਲਾ ਤੀਜਾ {ਪੰਨਾ 581-582}

ਪਦਅਰਥ:- ਬਾਬਾ—ਹੇ ਭਾਈ! ਝੂਠੁ—ਨਾਸਵੰਤ । ਪਸਾਰੋ—ਪਸਾਰੁ, ਖਿਲਾਰਾ । ਸਚਾ—ਸਦਾ-ਥਿਰ ਰਹਿਣ ਵਾਲਾ । ਸਚੜੈ—ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨੂੰ । ਸਚੁ—ਸਦਾ-ਥਿਰ ਪ੍ਰਭੂ । ਖਰਾ—ਖ਼ਾਲਸ, ਨਿਰੋਲ । ਸਚਿਆਰੋ—ਸਚਿਆਰੁ, {ਸਚ-ਆਲਯ} ਸਦਾ-ਥਿਰ ਪ੍ਰਭੂ ਦੇ ਪ੍ਰਕਾਸ਼ ਲਈ ਯੋਗ । ਕੂੜਿ—ਮਾਇਆ ਦੇ ਮੋਹ ਵਿਚ । ਲਬਿ—ਲੱਬ ਵਿਚ । ਥਾਇ ਨ ਪਾਸੀ—ਪਰਵਾਨ ਨਹੀਂ ਹੁੰਦਾ । ਥਾਇ—ਥਾਂ ਵਿਚ । ਠਾਓ—ਥਾਂ । ਕਾਓ—ਕਾਂ । ਵਡਾ ਵੇਛੋੜਾ—ਪਰਮਾਤਮਾ ਨਾਲੋਂ ਲੰਮਾ ਵਿਛੋੜਾ । ਬਿਨਸੈ—ਆਤਮਕ ਮੌਤੇ ਮਰਦਾ ਹੈ । ਸਬਾਏ—ਸਾਰੇ ਜੀਵ । ਰੂਆਏ—ਰੁਆਉਂਦਾ ਹੈ ।੧।

ਭਾਈਹੋ—ਹੇ ਭਾਈਹੋ! ਗਲਿ ਮਿਲਹ—ਆਓ ਇਕ ਦੂਜੇ ਦੇ ਗਲ ਨਾਲ ਮਿਲੀਏ, ਆਓ ਪਿਆਰ ਨਾਲ ਰਲ ਬੈਠੀਏ । ਦੇਹ—ਆਓ ਅਸੀ ਦੇਵੀਏ । ਸਚੜਾ—ਸਦਾ ਟਿਕੇ ਰਹਿਣ ਵਾਲਾ । ਦੇਵਹੋ—ਹੇ ਭਾਈ! ਦੇਵਹੁ । ਕਰੇਵਹੋ—ਕਰੋ । ਇਕਿ—ਅਨੇਕਾਂ ਜੀਵ {ਲਫ਼ਜ਼ 'ਇਕ' ਤੋਂ ਬਹੁ-ਵਚਨ} । ਨਾਵਹੁ—ਨਾਮ ਤੋਂ । ਖੇਲੋ—ਖੇਲੁ, ਖੇਡ, ਜੀਵਨ-ਖੇਡ । ਮਾਰਗਿ—ਰਸਤੇ ਤੇ । ਸਬਦਿ—ਗੁਰੂ ਦੇ ਸ਼ਬਦ ਵਿਚ । ਸਾਚੈ ਵੇਸੇ—ਉਸ ਪ੍ਰਭੂ ਵਿਚ ਜਿਸ ਦਾ ਸਰੂਪ ਸਦਾ-ਥਿਰ ਰਹਿਣ ਵਾਲਾ ਹੈ । ਸਾਜਨ ਸੈਣ—ਹੇ ਸੱਜਣ ਮਿੱਤਰੋ! ਸੰਜੋਗੀ—ਸਤਸੰਗ ਵਿਚ ।੨।

ਲੇਖੁ—ਕੀਤੇ ਕਰਮਾਂ ਅਨੁਸਾਰ ਪ੍ਰਭੂ ਵਲੋਂ ਉਹ ਹੁਕਮ ਜੋ ਅਗਾਂਹ ਜਗਤ ਵਿਚ ਭੋਗਣਾ ਹੈ । ਸਾਹਾ—ਉਹ ਸਮਾ ਜੋ ਜੀਵ ਦੀ ਮੌਤ ਵਾਸਤੇ ਨਿਯਤ ਹੋ ਚੁਕਾ ਹੈ । {ਨੋਟ:- ਹਿੰਦੂ ਕੌਮ ਵਿਚ ਲੜਕੀ ਲੜਕੇ ਦੇ ਵਿਆਹ ਦਾ ਸਮਾ ਪੰਡਿਤ ਸ਼ਾਸਤ੍ਰਾਂ ਤੋਂ ਵਿਚਾਰ ਕੇ ਮੁਕਰਰ ਕਰਦਾ ਹੈ । ਉਹ ਮੁਕਰਰ ਕੀਤਾ 'ਸਾਹਾ' ਅਗਾਂਹ ਪਿਛਾਂਹ ਨਹੀਂ ਕੀਤਾ ਜਾ ਸਕਦਾ । ਜਿਵੇਂ ਵਿਆਹ ਦੀ ਰਾਹੀਂ ਲੜਕੀ ਨੂੰ ਮਾਪਿਆਂ ਦੇ ਘਰ ਤੋਂ ਸੋਧੇ ਹੋਏ 'ਸਾਹੇ' ਅਨੁਸਾਰ ਸਹੁਰੇ ਘਰ ਤੋਰ ਦੇਈਦਾ ਹੈ, ਤਿਵੇਂ ਜੀਵ-ਇਸਤ੍ਰੀ ਜਗਤ-ਰੂਪ ਮਾਪੇ-ਘਰ ਤੋਂ ਤੁਰ ਪੈਂਦੀ ਹੈ} । ਪੁਰਬਿ—ਪੂਰਬਲੇ ਸਮੇ ਵਿਚ । ਬਹਿ—ਬੈਠ ਕੇ, ਵਿਚਾਰ ਕੇ । ਸਾਚੈ—ਸਦਾ-ਥਿਰ ਪ੍ਰਭੂ ਨੇ । ਅੰਮ੍ਰਿਤੁ—ਨਾਮ-ਅੰਮ੍ਰਿਤ । ਬਿਖਿਆ—ਮਾਇਆ-ਜ਼ਹਿਰ । ਜਿਤੁ—ਜਿਸ ਪਾਸੇ ਵਲ । ਕਾਮਣਿਆਰੀ—ਜਾਦੂ ਟੂਣੇ ਕਰਨ ਵਾਲੀ (ਮਾਇਆ) । ਕਾਮਣ—ਟੂਣੇ, ਜਾਦੂ । ਗਲਿ—ਗਲ ਵਿਚ । ਹੋਛੀ—ਥੋੜ੍ਹ-ਵਿਤੀ । ਸਾ—ਜਿਵੇਂ । ਨਾਮਰਜਾਦੁ—{ਨਾ-ਮਰਜਾਦੁ} ਮਰਜਾਦਾ-ਰਹਿਤ, ਨੰਗਾ । ਕਲਿ—ਜਗਤ । ਬੰਧਿ—ਬੰਨ੍ਹ ਕੇ ।੩।

ਰੋਵਹੁ—ਰੋ ਪਿੱਟ ਲਵੋ । ਜਾਨੀਅੜਾ—ਪਿਆਰਾ ਸੰਬੰਧੀ । ਪਠਾਇਆ ਹੈ—ਇੱਥੋਂ ਤੋਰ ਦਿੱਤਾ ਗਿਆ ਹੈ । ਦਰਿ—(ਪ੍ਰਭੂ ਦੇ) ਦਰ ਤੋਂ । ਹਾਕਾਰੜਾ—ਸੱਦਾ । ਜਾ—ਜਦੋਂ । ਤਿਸੁ—ਉਸ ਪ੍ਰਭੂ ਨੂੰ । ਰੋਵਣਹਾਰੇ—ਰੋਣ ਵਾਲੇ । ਭੈ—(ਆਪਣੀ ਕਿਸੇ ਮੁਸੀਬਤ ਦੇ) ਡਰ ਦੇ ਕਾਰਨ । ਸਾਰਿ—ਚੇਤੇ ਕਰ ਕੇ । ਕੋ—ਕੋਈ ਜੀਵ । ਜੁਗਿ ਜੁਗਿ—ਹਰੇਕ ਜੁੱਗ ਵਿਚ, ਸਦਾ ਹੀ । ਸਿ—ਸੇ, ਉਹ ਬੰਦੇ । ਜਾਣ

ਜਾਣਾ—ਸਿਆਣਿਆਂ ਤੋਂ ਸਿਆਣੇ । ਰੋਵਹਿ—ਵੈਰਾਗ ਵਿਚ ਆਉਂਦੇ ਹਨ, ਪ੍ਰਭੂ ਨਾਲੋਂ ਵਿਛੋੜਾ ਅਨੁਭਵ ਕਰਦੇ ਹਨ । ਸਚੁ—ਸਦਾ-ਥਿਰ ਪ੍ਰਭੂ । ਸਮਾਲੇ—ਸਮਾਲਿ, ਚੇਤੇ ਕਰ ਕੇ ।੪।

ਅਰਥ:- ਹੇ ਭਾਈ! (ਜਗਤ ਵਿਚ ਜੇਹੜਾ ਭੀ ਜੀਵ ਜਨਮ ਲੈ ਕੇ) ਆਇਆ ਹੈ ਉਸ ਨੇ (ਆਖ਼ਰ ਇਥੋਂ) ਕੂਚ ਕਰ ਜਾਣਾ ਹੈ (ਕਿਸੇ ਨੇ ਇਥੇ ਸਦਾ ਨਹੀਂ ਬੈਠ ਰਹਿਣਾ) ਇਹ ਜਗਤ ਹੈ ਹੀ ਨਾਸਵੰਤ ਖਿਲਾਰਾ । ਜੇ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦਾ ਸਿਮਰਨ ਕਰੀਏ ਤਾਂ ਸਦਾ-ਥਿਰ ਰਹਿਣ ਵਾਲਾ ਟਿਕਾਣਾ ਮਿਲ ਜਾਂਦਾ ਹੈ । ਜੇਹੜਾ ਮਨੁੱਖ ਸਦਾ-ਥਿਰ ਪ੍ਰਭੂ ਨੂੰ ਸਿਮਰਦਾ ਹੈ ਉਹ ਪਵਿਤ੍ਰ ਜੀਵਨ ਵਾਲਾ ਹੋ ਜਾਂਦਾ ਹੈ, ਉਹ ਸਦਾ-ਥਿਰ ਪ੍ਰਭੂ ਦੇ ਪ੍ਰਕਾਸ਼ ਲਈ ਯੋਗ ਬਣ ਜਾਂਦਾ ਹੈ ।

ਜੇਹੜਾ ਮਨੁੱਖ ਮਾਇਆ ਦੇ ਮੋਹ ਵਿਚ ਜਾਂ ਮਾਇਆ ਦੇ ਲਾਲਚ ਵਿਚ ਫਸਿਆ ਰਹਿੰਦਾ ਹੈ ਉਹ ਪਰਮਾਤਮਾ ਦੀ ਦਰਗਾਹ ਵਿਚ ਕਬੂਲ ਨਹੀਂ ਹੁੰਦਾ, ਉਸ ਨੂੰ ਪ੍ਰਭੂ ਦੀ ਹਜ਼ੂਰੀ ਵਿਚ ਥਾਂ ਨਹੀਂ ਮਿਲਦੀ । ਜਿਵੇਂ ਸੁੰਵੇ ਘਰ ਵਿਚ ਗਏ ਕਾਂ ਨੂੰ (ਕਿਸੇ ਨੇ ਰੋਟੀ ਦੀ ਗਰਾਹੀ ਆਦਿਕ ਨਹੀਂ ਪਾਣੀ) (ਤਿਵੇਂ ਮਾਇਆ ਦੇ ਮੋਹ ਵਿਚ ਫਸੇ ਜੀਵ ਨੂੰ ਪ੍ਰਭੂ ਦੀ ਹਜ਼ੂਰੀ ਵਿਚ) ਕਿਸੇ ਨੇ ਇਹ ਨਹੀਂ ਆਖਣਾ—ਆਓ ਜੀ, ਅੰਦਰ ਲੰਘ ਆਵੋ ਤੇ ਬੈਠ ਜਾਵੋ । ਉਸ ਮਨੁੱਖ ਨੂੰ ਜਨਮ ਮਰਨ ਦਾ ਗੇੜ ਭੁਗਤਣਾ ਪੈ ਜਾਂਦਾ ਹੈ, ਉਸ ਨੂੰ (ਇਸ ਗੇੜ ਦੇ ਕਾਰਨ ਪ੍ਰਭੂ-ਚਰਨਾਂ ਨਾਲੋਂ) ਲੰਮਾ ਵਿਛੋੜਾ ਹੋ ਜਾਂਦਾ ਹੈ । (ਮਾਇਆ ਦੇ ਮੋਹ ਵਿਚ ਫਸ ਕੇ) ਜਗਤ ਆਤਮਕ ਮੌਤ ਸਹੇੜ ਰਿਹਾ ਹੈ (ਜੇਹੜੇ ਭੀ ਮੋਹ ਵਿਚ ਫਸਦੇ ਹਨ ਉਹ) ਸਾਰੇ (ਆਤਮਕ ਮੌਤ ਮਰਦੇ ਹਨ) । ਲਾਲਚ ਦੇ ਕਾਰਨ ਮਾਇਆ ਦੇ ਹੀ ਆਹਰ ਵਿਚ ਪਿਆ ਹੋਇਆ ਜਗਤ ਸਹੀ ਜੀਵਨ-ਰਾਹ ਤੋਂ ਖੁੰਝਿਆ ਰਹਿੰਦਾ ਹੈ । ਇਸ ਦੇ ਸਿਰ ਉਤੇ ਖਲੋਤਾ ਕਾਲ ਇਸ ਨੂੰ ਦੁੱਖੀ ਕਰਦਾ ਰਹਿੰਦਾ ਹੈ ।੧।

ਹੇ ਭਾਈ! ਹੇ ਭਰਾਵੋ! ਆਓ, ਅਸੀ ਪਿਆਰ ਨਾਲ ਰਲ ਕੇ ਬੈਠੀਏ, ਤੇ ਮਿਲ ਕੇ (ਆਪਣੇ ਵਿਛੁੜੇ ਸਾਥੀ ਨੂੰ) ਅਸੀਸਾਂ ਦੇਵੀਏ (ਉਸ ਦੇ ਵਾਸਤੇ ਪ੍ਰਭੂ-ਦਰ ਤੇ ਅਰਦਾਸਾਂ ਕਰੀਏ) ਪ੍ਰੀਤਮ-ਪ੍ਰਭੂ ਨਾਲ ਮਿਲਣ ਦੀਆਂ ਅਸੀਸਾਂ ਦੇਈਏ (ਅਰਦਾਸਾਂ ਕਰੀਏ । ਸਦਾ-ਥਿਰ ਮੇਲ ਸਿਰਫ਼ ਪਰਮਾਤਮਾ ਨਾਲ ਹੀ ਹੁੰਦਾ ਹੈ ਤੇ ਅਰਦਾਸ ਦੀ ਬਰਕਤਿ ਨਾਲ ਉਹ) ਸਦਾ-ਥਿਰ ਰਹਿਣ ਵਾਲਾ ਮਿਲਾਪ ਕਦੇ ਮੁੱਕਦਾ ਨਹੀਂ ।

(ਹੇ ਸਤਸੰਗੀ ਭਰਾਵੋ! ਰਲ ਕੇ ਵਿਛੁੜੇ ਸਾਥੀ ਲਈ) ਅਰਦਾਸਾਂ ਕਰੋ (ਅਤੇ ਆਪ ਭੀ) ਪਰਮਾਤਮਾ ਦੀ ਭਗਤੀ ਕਰੋ (ਭਗਤੀ ਦੀ ਬਰਕਤਿ ਨਾਲ ਪਰਮਾਤਮਾ ਦੇ ਚਰਨਾਂ ਵਿਚ ਮਿਲਾਪ ਹੋ ਜਾਂਦਾ ਹੈ) ਜੇਹੜੇ ਇਕ ਵਾਰੀ ਪ੍ਰਭੂ-ਚਰਨਾਂ ਨਾਲ ਮਿਲ ਜਾਂਦੇ ਹਨ ਉਹਨਾਂ ਦਾ ਫਿਰ ਕਦੇ ਵਿਛੋੜਾ ਨਹੀਂ ਹੁੰਦਾ ।

ਪਰ ਕਈ ਐਸੇ ਹਨ ਜੋ ਪਰਮਾਤਮਾ ਦੇ ਨਾਮ ਤੋਂ ਖੁੰਝੇ ਫਿਰਦੇ ਹਨ ਜੋ ਸਦਾ ਕਾਇਮ ਰਹਿਣ ਵਾਲੇ ਟਿਕਾਣੇ ਤੋਂ ਉਖੜੇ ਫਿਰਦੇ ਹਨ । ਸਦਾ-ਥਿਰ ਪ੍ਰਭੂ ਦਾ ਨਾਮ ਸਿਮਰਨਾ ਸਹੀ ਜੀਵਨ-ਖੇਡ ਹੈ ਜੋ ਗੁਰੂ ਦੇ ਸ਼ਬਦ ਵਿਚ ਜੁੜ ਕੇ ਖੇਡੀ ਜਾ ਸਕਦੀ ਹੈ । ਜੇਹੜੇ ਮਨੁੱਖ ਗੁਰੂ ਦੇ ਸ਼ਬਦ ਵਿਚ ਲੀਨ ਰਹਿੰਦੇ ਹਨ ਉਹ ਜਮ ਦੇ ਰਸਤੇ ਤੇ ਨਹੀਂ ਜਾਂਦੇ, ਉਹ ਸਦਾ ਲਈ ਹੀ ਉਸ ਪਰਮਾਤਮਾ ਵਿਚ ਜੁੜੇ ਰਹਿੰਦੇ ਹਨ ਜਿਸ ਦਾ ਸਰੂਪ (ਵੇਸ) ਸਦਾ ਲਈ ਅਟੱਲ ਹੈ ।

ਹੇ ਸੱਜਣ ਮਿੱਤ੍ਰ ਸਤਸੰਗੀਓ! ਸਤਸੰਗ ਵਿਚ ਰਲ ਬੈਠੋ । ਜੇਹੜੇ ਬੰਦੇ ਸਤਸੰਗ ਵਿਚ ਆਏ ਹਨ ਉਹਨਾਂ ਨੇ ਗੁਰੂ ਨੂੰ ਮਿਲ ਕੇ ਮਾਇਆ ਦੇ ਮੋਹ ਦੇ ਫਾਹੇ ਵੱਢ ਲਏ ਹਨ ।੨।

ਹੇ ਭਾਈ! (ਜੀਵ ਆਪਣੇ ਪੂਰਬਲੇ ਕੀਤੇ ਕਰਮਾਂ ਅਨੁਸਾਰ ਨਵੇਂ ਜੀਵਨ ਵਿਚ ਭੋਗਣ ਵਾਸਤੇ) ਦੁੱਖ

ਅਤੇ ਸੁਖ-ਰੂਪ ਲੇਖ (ਪਰਮਾਤਮਾ ਦੀ ਦਰਗਾਹ ਵਿਚੋਂ ਆਪਣੇ ਮੱਥੇ ਤੇ) ਲਿਖਾ ਕੇ ਜਗਤ ਵਿਚ ਨੰਗਾ ਹੀ ਆਉਂਦਾ ਹੈ (ਜਨਮ ਸਮੇ ਹੀ ਉਹ ਸਮਾ ਭੀ ਨਿਯਤ ਕੀਤਾ ਜਾਂਦਾ ਹੈ ਜਦੋਂ ਜੀਵ ਨੇ ਜਗਤ ਤੋਂ ਵਾਪਸ ਤੁਰ ਪੈਣਾ ਹੁੰਦਾ ਹੈ) ਉਹ ਮੁਕਰਰ ਕੀਤਾ ਹੋਇਆ ਸਮਾ ਅਗਾਂਹ ਪਿਛਾਂਹ ਨਹੀਂ ਹੋ ਸਕਦਾ, (ਨਾਹ ਹੀ ਉਹ ਦੁਖ ਸੁਖ ਵਾਪਰਨੋਂ ਹਟ ਸਕਦਾ ਹੈ) ਜੋ ਪੂਰਬਲੇ ਜਨਮ ਵਿਚ ਕਰਮ ਕਰ ਕੇ (ਕਮਾਈ ਵਜੋਂ) ਖੱਟਿਆ ਹੈ । (ਜੀਵ ਦੇ ਕੀਤੇ ਕਰਮਾਂ ਅਨੁਸਾਰ) ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨੇ ਸੋਚ-ਵਿਚਾਰ ਕੇ ਲਿਖ ਦਿੱਤਾ ਹੁੰਦਾ ਹੈ ਕਿ ਜੀਵ ਨੇ ਨਵੇਂ ਜੀਵਨ-ਸਫ਼ਰ ਵਿਚ ਨਾਮ-ਅੰਮ੍ਰਿਤ ਵਿਹਾਝਣਾ ਹੈ ਜਾਂ ਮਾਇਆ-ਜ਼ਹਿਰ ਖੱਟਣਾ ਹੈ । (ਪਿਛਲੇ ਕੀਤੇ ਅਨੁਸਾਰ ਹੀ ਪ੍ਰਭੂ ਦੀ ਰਜ਼ਾ ਵਿਚ) ਜਿਧਰ ਜੀਵ ਨੂੰ ਲਾਇਆ ਜਾਂਦਾ ਹੈ ਉਧਰ ਇਹ ਲੱਗ ਪੈਂਦਾ ਹੈ । (ਉਸੇ ਲਿਖੇ ਅਨੁਸਾਰ ਹੀ) ਜਾਦੂ ਟੂਣੇ ਕਰਨ ਵਾਲੀ ਮਾਇਆ ਜੀਵ ਉਤੇ ਜਾਦੂ ਪਾ ਦੇਂਦੀ ਹੈ, ਇਸ ਦੇ ਗਲ ਵਿਚ ਕਈ ਰੰਗਾਂ ਵਾਲਾ ਧਾਗਾ ਪਾ ਦੇਂਦੀ ਹੈ (ਭਾਵ, ਕਈ ਤਰੀਕਿਆਂ ਨਾਲ ਮਾਇਆ ਇਸ ਨੂੰ ਮੋਹ ਲੈਂਦੀ ਹੈ) । (ਇਸ ਮੋਹਣੀ ਮਾਇਆ ਦੇ ਪ੍ਰਭਾਵ ਹੇਠ ਹੀ) ਜੀਵ ਦੀ ਮਤਿ ਥੋੜ੍ਹ-ਵਿਤੀ ਹੋ ਜਾਂਦੀ ਹੈ, ਜੀਵ ਦਾ ਮਨ ਥੋੜ੍ਹ-ਵਿਤਾ ਹੋ ਜਾਂਦਾ ਹੈ (ਭਾਵ, ਇਸ ਵਿਚ ਵਿਤਕਰਾ ਤੇ ਮੇਰ-ਤੇਰ ਆ ਜਾਂਦੇ ਹਨ, ਆਪਣੇ ਨਿੱਕੇ ਜਿਹੇ ਸੁਅਰਥ ਤੋਂ ਬਾਹਰ ਵੇਖ ਸੋਚ ਨਹੀਂ ਸਕਦਾ), ਜਿਵੇਂ ਮੱਖੀ ਗੁੜ ਖਾਂਦੀ ਹੈ (ਤੇ ਗੁੜ ਨਾਲ ਚੰਬੜ ਕੇ ਹੀ ਮਰ ਜਾਂਦੀ ਹੈ, ਤਿਵੇਂ ਜੀਵ ਮਾਇਆ ਨਾਲ ਚੰਬੜ ਕੇ ਆਤਮਕ ਮੌਤੇ ਮਰ ਜਾਂਦਾ ਹੈ) । ਜੀਵ ਜਗਤ ਵਿਚ ਨੰਗਾ ਹੀ ਆਉਂਦਾ ਹੈ ਤੇ ਨੰਗਾ ਹੀ ਬੰਨ੍ਹ ਕੇ ਅੱਗੇ ਲਾ ਲਿਆ ਜਾਂਦਾ ਹੈ ।੩।

ਹੇ ਭਾਈ! (ਜਿਸ ਜੀਵ ਦੇ ਇਥੋਂ ਚਲਾਣੇ ਦਾ ਸੱਦਾ ਆ ਜਾਂਦਾ ਹੈ, ਰੋ ਰੋ ਕੇ ਉਸ ਸੱਦੇ ਨੂੰ ਟਾਲ ਨਹੀਂ ਸਕੀਦਾ, ਇਹ ਅਟੱਲ ਨਿਯਮ ਹੈ, ਪਰ ਫਿਰ ਭੀ) ਜੇ ਕਿਸੇ ਨੇ (ਇਸ ਸੱਦੇ ਨੂੰ ਟਾਲਣ ਲਈ) ਰੋਣਾ ਹੀ ਹੈ ਤਾਂ ਰੋ ਕੇ ਵੇਖ ਲਵੋ । ਪਿਆਰਾ ਸੰਬੰਧੀ ਬੰਨ੍ਹ ਕੇ ਅੱਗੇ ਤੋਰ ਲਿਆ ਜਾਂਦਾ ਹੈ । (ਉਸ ਦੇ ਇਥੋਂ ਕੂਚ ਵਾਸਤੇ ਪਰਮਾਤਮਾ ਦੀ ਦਰਗਾਹ ਦਾ) ਲਿਖਿਆ ਹੁਕਮ ਮਿਟਾ ਨਹੀਂ ਸਕੀਦਾ, ਪ੍ਰਭੂ ਦੇ ਦਰ ਤੋਂ ਸੱਦਾ ਆ ਜਾਂਦਾ ਹੈ (ਉਹ ਸੱਦਾ ਅਮਿੱਟ ਹੈ) ।

ਜਦੋਂ ਪਰਮਾਤਮਾ ਨੂੰ (ਆਪਣੀ ਰਜ਼ਾ ਵਿਚ) ਚੰਗਾ ਲੱਗਦਾ ਹੈ, ਤਾਂ (ਜੀਵ ਵਾਸਤੇ ਕੂਚ ਦਾ) ਸੱਦਾ ਆ ਜਾਂਦਾ ਹੈ, ਰੋਣ ਵਾਲੇ ਸੰਬੰਧੀ ਰੋਂਦੇ ਹਨ । ਪੁੱਤਰ, ਭਰਾ, ਭਤੀਜੇ, ਬੜੇ ਪਿਆਰੇ ਸੰਬੰਧੀ (ਸਭੇ ਹੀ) ਰੋਂਦੇ ਹਨ ।

ਜੀਵ (ਕੂਚ ਕਰ ਜਾਣ ਵਾਲੇ ਆਪਣੇ ਸੰਬੰਧੀ ਦੇ ਪਿੱਛੇ ਦੁਨੀਆ ਵਿਚ ਵਾਪਰਨ ਵਾਲੇ ਦੁੱਖਾਂ ਦੇ) ਸਹਮ ਵਿਚ ਰੋਂਦਾ ਹੈ, ਤੇ ਉਸ ਦੇ ਗੁਣਾਂ (ਸੁਖਾਂ) ਨੂੰ ਮੁੜ ਮੁੜ ਚੇਤੇ ਕਰਦਾ ਹੈ, ਪਰ ਕਦੇ ਭੀ ਕੋਈ ਜੀਵ ਮੁਏ ਪ੍ਰਾਣੀਆਂ ਦੇ ਨਾਲ ਮਰਦਾ ਨਹੀਂ ਹੈ (ਜੀਊਣਾ ਹਰੇਕ ਨੂੰ ਪਿਆਰਾ ਲੱਗਦਾ ਹੈ, ਆਈ ਤੋਂ ਬਿਨਾ ਕੋਈ ਮਰ ਭੀ ਨਹੀਂ ਸਕਦਾ) ।

ਹੇ ਨਾਨਕ! (ਇਹ ਮਰਨ ਤੇ ਜੰਮਣ ਦਾ ਸਿਲਸਿਲਾ ਤਾਂ ਜਾਰੀ ਹੀ ਰਹਿਣਾ ਹੈ) ਉਹ ਬੰਦੇ ਸਦਾ ਹੀ ਮਹਾ ਸਿਆਣੇ ਹਨ ਜੋ ਸਦਾ-ਥਿਰ-ਪ੍ਰਭੂ ਦੇ ਗੁਣ ਹਿਰਦੇ ਵਿਚ ਵਸਾ ਕੇ ਮਾਇਆ ਦੇ ਮੋਹ ਵਲੋਂ ਉਪਰਾਮ ਹੁੰਦੇ ਹਨ ।੪।੫।

ੴ ਸਤਿਗੁਰ ਪ੍ਰਸਾਦਿ ॥ ਪ੍ਰਭੁ ਸਚੜਾ ਹਰਿ ਸਾਲਾਹੀਐ ਕਾਰਜੁ ਸਭੁ ਕਿਛੁ ਕਰਣੈ ਜੋਗੁ ॥ ਸਾ ਧਨ ਰੰਡ ਨ ਕਬਹੂ ਬੈਸਈ ਨਾ ਕਦੇ ਹੋਵੈ ਸੋਗੁ ॥ ਨਾ ਕਦੇ ਹੋਵੈ ਸੋਗੁ ਅਨਦਿਨੁ ਰਸ ਭੋਗ ਸਾ ਧਨ ਮਹਲਿ ਸਮਾਣੀ ॥ ਜਿਨਿ ਪ੍ਰਿਉ ਜਾਤਾ ਕਰਮ ਬਿਧਾਤਾ ਬੋਲੇ ਅੰਮ੍ਰਿਤ ਬਾਣੀ ॥

ਗੁਣਵੰਤੀਆ ਗੁਣ ਸਾਰਹਿ ਅਪਣੇ ਕੰਤ ਸਮਾਲਹਿ ਨਾ ਕਦੇ ਲਗੈ ਵਿਜੋਗੋ ॥ ਸਚੜਾ ਪਿਰੁ ਸਾਲਾਹੀਐ ਸਭੁ ਕਿਛੁ ਕਰਣੈ ਜੋਗੋ ॥੧॥ {ਪੰਨਾ 582}

ਨੋਟ:- ਸਿਰਲੇਖ ਦੇ ਅੰਕ ੩ ਨੂੰ 'ਤੀਜਾ' ਪੜ੍ਹਨਾ ਹੈ । ਇਹ ਇਸ਼ਾਰੇ-ਮਾਤ੍ਰ ਹਿਦਾਇਤ ਹੈ । ਹਰ ਥਾਂ ਮਹਲਾ ਦੇ ਅੰਕ ੧, ੨, ੩, ਆਦਿਕ ਨੂੰ ਪਹਿਲਾ, ਦੂਜਾ, ਤੀਜਾ ਪੜ੍ਹਨਾ ਹੈ ।

ਨੋਟ:- ਇਸ ਬਾਣੀ ਦਾ ਕੋਈ ਨਾਮ ਨਹੀਂ ਦਿੱਤਾ ਗਿਆ । ਪਰ ਇਸ ਤੋਂ ਪਹਿਲਾਂ ਗੁਰੂ ਨਾਨਕ ਦੇਵ ਜੀ ਦੀ ਬਾਣੀ "ਅਲਾਹਣੀਆਂ" ਨਾਮ ਦੀ ਹੈ । ਮਹਲਾ ੩ ਦੀ ਇਹ ਬਾਣੀ ਭੀ ਉਸੇ ਤਰ੍ਹਾਂ "ਅਲਾਹਣੀਆਂ" ਹੀ ਹੈ ।

ਪਦਅਰਥ:- ਸਚੜਾ—ਸਦਾ ਕਾਇਮ ਰਹਿਣ ਵਾਲਾ । ਸਾਲਾਹੀਐ—ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ । ਕਰਣੈ ਜੋਗ—ਕਰਨ ਦੀ ਸਮਰੱਥਾ ਰੱਖਣ ਵਾਲਾ । ਸਾ ਧਨ—ਜੀਵ-ਇਸਤ੍ਰੀ । ਨ ਬੈਸਈ—ਨ ਬੈਸੈ, ਨਹੀਂ ਬੈਠਦੀ । ਸੋਗੁ—ਗ਼ਮ । ਅਨਦਿਨੁ—ਹਰ ਰੋਜ਼, ਹਰ ਵੇਲੇ । ਮਹਲਿ—ਪਰਮਾਤਮਾ ਦੀ ਹਜ਼ੂਰੀ ਵਿਚ । ਜਿਨਿ—ਜਿਸ (ਜੀਵ-ਇਸਤ੍ਰੀ) ਨੇ । ਪ੍ਰਿਉ ਜਾਤਾ—ਪ੍ਰੀਤਮ-ਪ੍ਰਭੂ ਨਾਲ ਡੂੰਘੀ ਸਾਂਝ ਪਾ ਲਈ । ਕਰਮ ਬਿਧਾਤਾ—ਜੀਵਾਂ ਦੇ ਕਰਮਾਂ ਅਨੁਸਾਰ ਪੈਦਾ ਕਰਨ ਵਾਲਾ । ਅੰਮ੍ਰਿਤ—ਆਤਮਕ ਜੀਵਨ ਦੇਣ ਵਾਲੀ । ਸਾਰਹਿ—ਸੰਭਾਲਦੀਆਂ ਹਨ । ਸਮਾਲਹਿ—ਹਿਰਦੇ ਵਿਚ ਵਸਾਂਦੀਆਂ ਹਨ । ਵਿਜੋਗੋ—ਵਿਛੋੜਾ ।੧।

ਅਰਥ:- ਹੇ ਭਾਈ! ਸਦਾ ਕਾਇਮ ਰਹਿਣ ਵਾਲੇ ਹਰਿ-ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ, ਉਹ ਸਭ ਕੁਝ ਹਰੇਕ ਕੰਮ ਕਰਨ ਦੀ ਸਮਰਥਾ ਰੱਖਣ ਵਾਲਾ ਹੈ ।

ਹੇ ਭਾਈ! ਜਿਸ ਜੀਵ-ਇਸਤ੍ਰੀ ਨੇ ਸਿਰਜਣਹਾਰ ਪ੍ਰੀਤਮ-ਪ੍ਰਭੂ ਨਾਲ ਡੂੰਘੀ ਸਾਂਝ ਪਾ ਲਈ, ਜੇਹੜੀ ਜੀਵ ਇਸਤ੍ਰੀ ਉਸ ਪ੍ਰਭੂ ਦੀ ਆਤਮਕ ਜੀਵਨ ਦੇਣ ਵਾਲੀ ਬਾਣੀ ਉਚਾਰਦੀ ਹੈ, ਉਹ ਜੀਵ-ਇਸਤ੍ਰੀ ਕਦੇ ਨਿ-ਖਸਮੀ ਨਹੀਂ ਹੁੰਦੀ, ਨਾਹ ਹੀ ਕਦੇ ਉਸ ਨੂੰ ਕੋਈ ਚਿੰਤਾ ਵਿਆਪਦੀ ਹੈ, ਉਸ ਨੂੰ ਕਦੇ ਕੋਈ ਗ਼ਮ ਨਹੀਂ ਵਿਆਪਦਾ, ਉਹ ਹਰ ਵੇਲੇ ਪਰਮਾਤਮਾ ਦਾ ਨਾਮ-ਰਸ ਮਾਣਦੀ ਹੈ, ਤੇ ਸਦਾ ਪ੍ਰਭੂ ਦੇ ਚਰਨਾਂ ਵਿਚ ਲੀਨ ਰਹਿੰਦੀ ਹੈ ।

ਹੇ ਭਾਈ! ਗੁਣਾਂ ਵਾਲੀਆਂ ਜੀਵ-ਇਸਤ੍ਰੀਆਂ ਪਰਮਾਤਮਾ ਦੇ ਗੁਣ ਚੇਤੇ ਕਰਦੀਆਂ ਰਹਿੰਦੀਆਂ ਹਨ, ਪ੍ਰਭੂ-ਖਸਮ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦੀਆਂ ਹਨ, ਉਹਨਾਂ ਨੂੰ ਪਰਮਾਤਮਾ ਨਾਲੋਂ ਕਦੇ ਵਿਛੋੜਾ ਨਹੀਂ ਹੁੰਦਾ । ਹੇ ਭਾਈ! ਉਸ ਸਦਾ-ਥਿਰ ਰਹਿਣ ਵਾਲੇ ਪ੍ਰਭੂ-ਪਤੀ ਦੀ ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ, ਉਹ ਪ੍ਰਭੂ ਸਭ ਕੁਝ ਕਰਨ ਦੀ ਤਾਕਤ ਰੱਖਦਾ ਹੈ ।੧।

ਸਚੜਾ ਸਾਹਿਬੁ ਸਬਦਿ ਪਛਾਣੀਐ ਆਪੇ ਲਏ ਮਿਲਾਏ ॥ ਸਾ ਧਨ ਪ੍ਰਿਅ ਕੈ ਰੰਗਿ ਰਤੀ ਵਿਚਹੁ ਆਪੁ ਗਵਾਏ ॥ ਵਿਚਹੁ ਆਪੁ ਗਵਾਏ ਫਿਰਿ ਕਾਲੁ ਨ ਖਾਏ ਗੁਰਮੁਖਿ ਏਕੋ ਜਾਤਾ ॥ ਕਾਮਣਿ ਇਛ ਪੁੰਨੀ ਅੰਤਰਿ ਭਿੰਨੀ ਮਿਲਿਆ ਜਗਜੀਵਨੁ ਦਾਤਾ ॥ ਸਬਦ ਰੰਗਿ ਰਾਤੀ ਜੋਬਨਿ ਮਾਤੀ ਪਿਰ ਕੈ ਅੰਕਿ ਸਮਾਏ ॥ ਸਚੜਾ ਸਾਹਿਬੁ ਸਬਦਿ ਪਛਾਣੀਐ ਆਪੇ ਲਏ ਮਿਲਾਏ ॥੨॥ {ਪੰਨਾ 582}

ਪਦਅਰਥ:- ਸਬਦਿ—(ਗੁਰੂ ਦੇ) ਸ਼ਬਦ ਵਿਚ (ਜੁੜਿਆਂ) । ਆਪੇ—ਆਪ ਹੀ । ਸਾ ਧਨ—ਜੀਵ-

ਇਸਤ੍ਰੀ । ਪ੍ਰਿਅ ਕੈ ਰੰਗਿ—ਪਿਆਰੇ ਦੇ ਪ੍ਰੇਮ-ਰੰਗ ਵਿਚ । ਰਤੀ—ਰੰਗੀ । ਆਪੁ—ਆਪਾ-ਭਾਵ । ਕਾਲੁ—ਮੌਤ, ਮੌਤ ਦਾ ਡਰ, ਆਤਮਕ ਮੌਤ । ਗੁਰਮੁਖਿ—ਗੁਰੂ ਦੀ ਰਾਹੀਂ । ਏਕੋ—ਇਕ ਪਰਮਾਤਮਾ ਨੂੰ ਹੀ । ਕਾਮਣਿ ਇਛ—ਜੀਵ-ਇਸਤ੍ਰੀ ਦੀ ਇੱਛਾ । ਪੁੰਨੀ—ਪੂਰੀ ਹੋ ਜਾਂਦੀ ਹੈ । ਭਿੰਨੀ—ਭਿੱਜ ਜਾਂਦੀ ਹੈ । ਜੋਬਨਿ—(ਨਾਮ ਦੇ) ਜੋਬਨ ਵਿਚ । ਮਾਤੀ—ਮਸਤ । ਅੰਕਿ—ਅੰਕ ਵਿਚ, ਗੋਦ ਵਿਚ ।੨।

ਅਰਥ:- ਹੇ ਭਾਈ! ਗੁਰੂ ਦੇ ਸ਼ਬਦ ਵਿਚ ਜੁੜ ਕੇ ਸਦਾ ਕਾਇਮ ਰਹਿਣ ਵਾਲੇ ਮਾਲਕ-ਪ੍ਰਭੂ ਨਾਲ ਸਾਂਝ ਪੈ ਸਕਦੀ ਹੈ, ਪ੍ਰਭੂ ਆਪ ਹੀ (ਜੀਵ ਨੂੰ) ਆਪਣੇ ਨਾਲ ਮਿਲਾ ਲੈਂਦਾ ਹੈ । ਹੇ ਭਾਈ! ਜੇਹੜੀ ਜੀਵ-ਇਸਤ੍ਰੀ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਲੈਂਦੀ ਹੈ ਉਹ ਪ੍ਰਭੂ-ਪਤੀ ਦੇ ਪ੍ਰੇਮ-ਰੰਗ ਵਿਚ ਰੰਗੀ ਜਾਂਦੀ ਹੈ । ਜੇਹੜੀ ਜੀਵ-ਇਸਤ੍ਰੀ ਆਪਣੇ ਅੰਦਰੋਂ ਆਪਾ-ਭਾਵ ਗਵਾਂਦੀ ਹੈ, ਉਸ ਨੂੰ ਮੁੜ ਕਦੇ ਆਤਮਕ ਮੌਤ ਨਹੀਂ ਵਾਪਰਦੀ, ਗੁਰੂ ਦੀ ਸਰਨ ਪੈ ਕੇ ਉਹ ਜੀਵ-ਇਸਤ੍ਰੀ ਇਕ ਪਰਮਾਤਮਾ ਨਾਲ ਹੀ ਡੂੰਘੀ ਸਾਂਝ ਪਾਈ ਰੱਖਦੀ ਹੈ, ਉਸ ਜੀਵ-ਇਸਤ੍ਰੀ ਦੀ (ਚਿਰਾਂ ਦੀ ਪ੍ਰਭੂ-ਮਿਲਾਪ ਦੀ) ਇੱਛਾ ਪੂਰੀ ਹੋ ਜਾਂਦੀ ਹੈ, ਉਹ ਅੰਦਰੋਂ (ਨਾਮ-ਰਸ ਨਾਲ) ਭਿੱਜ ਜਾਂਦੀ ਹੈ, ਉਸ ਨੂੰ ਜਗਤ ਦਾ ਜੀਵਨ ਦਾਤਾਰ ਪ੍ਰਭੂ ਮਿਲ ਪੈਂਦਾ ਹੈ । ਹੇ ਭਾਈ! ਜੇਹੜੀ ਜੀਵ-ਇਸਤ੍ਰੀ ਗੁਰ-ਸ਼ਬਦ ਦੇ ਰੰਗ ਵਿਚ ਰੰਗੀ ਜਾਂਦੀ ਹੈ, ਉਹ ਨਾਮ ਦੀ ਚੜ੍ਹਦੀ ਜਵਾਨੀ ਵਿਚ ਮਸਤ ਰਹਿੰਦੀ ਹੈ, ਉਹ ਪ੍ਰਭੂ-ਪਤੀ ਦੀ ਗੋਦ ਵਿਚ ਲੀਨ ਰਹਿੰਦੀ ਹੈ । ਹੇ ਭਾਈ! ਗੁਰੂ ਦੇ ਸ਼ਬਦ ਦੀ ਰਾਹੀਂ ਹੀ ਸਦਾ-ਥਿਰ ਮਾਲਕ-ਪ੍ਰਭੂ ਨਾਲ ਜਾਣ-ਪਛਾਣ ਬਣਦੀ ਹੈ । ਪ੍ਰਭੂ ਆਪ ਹੀ ਆਪਣੇ ਨਾਲ ਮਿਲਾ ਲੈਂਦਾ ਹੈ ।੨।

ਜਿਨੀ ਆਪਣਾ ਕੰਤੁ ਪਛਾਣਿਆ ਹਉ ਤਿਨ ਪੂਛਉ ਸੰਤਾ ਜਾਏ ॥ ਆਪੁ ਛੋਡਿ ਸੇਵਾ ਕਰੀ ਪਿਰੁ ਸਚੜਾ ਮਿਲੈ ਸਹਜਿ ਸੁਭਾਏ ॥ ਪਿਰੁ ਸਚਾ ਮਿਲੈ ਆਏ ਸਾਚੁ ਕਮਾਏ ਸਾਚਿ ਸਬਦਿ ਧਨ ਰਾਤੀ ॥ ਕਦੇ ਨ ਰਾਂਡ ਸਦਾ ਸੋਹਾਗਣਿ ਅੰਤਰਿ ਸਹਜ ਸਮਾਧੀ ॥ ਪਿਰੁ ਰਹਿਆ ਭਰਪੂਰੇ ਵੇਖੁ ਹਦੂਰੇ ਰੰਗੁ ਮਾਣੇ ਸਹਜਿ ਸੁਭਾਏ ॥ ਜਿਨੀ ਆਪਣਾ ਕੰਤੁ ਪਛਾਣਿਆ ਹਉ ਤਿਨ ਪੂਛਉ ਸੰਤਾ ਜਾਏ ॥੩॥ {ਪੰਨਾ 583}

ਪਦਅਰਥ:- ਜਿਨੀ—ਜਿਨ੍ਹਾਂ ਨੇ । ਕੰਤੁ—ਖਸਮ-ਪ੍ਰਭੂ । ਹਉ—ਮੈਂ । ਪੂਛਉ—ਪੂਛਉਂ, ਮੈਂ ਪੁੱਛਦਾ ਹਾਂ । ਜਾਏ—ਜਾਇ, ਜਾ ਕੇ । ਆਪੁ—ਆਪਾ-ਭਾਵ । ਕਰੀ—ਕਰੀਂ, ਮੈਂ ਕਰਦਾ ਹਾਂ । ਸਚੜਾ—ਸਦਾ ਕਾਇਮ ਰਹਿਣ ਵਾਲਾ । ਸਹਜਿ—ਆਤਮਕ ਅਡੋਲਤਾ ਦੀ ਰਾਹੀਂ । ਸੁਭਾਏ—ਸੁਭਾਇ, ਪਿਆਰ ਨਾਲ । ਆਏ—ਆਇ, ਆ ਕੇ । ਸਾਚੁ—ਸਦਾ-ਥਿਰ ਹਰਿ-ਨਾਮ । ਸਾਚਿ—ਸਦਾ-ਥਿਰ ਹਰਿ-ਨਾਮ ਵਿਚ । ਸਬਦਿ—ਸ਼ਬਦ ਵਿਚ । ਧਨ—ਜੀਵ-ਇਸਤ੍ਰੀ । ਭਰਪੂਰੇ—ਹਰ ਥਾਂ ਵਿਆਪਕ । ਹਦੂਰੇ—ਅੰਗ-ਸੰਗ । ਮਾਣੇ—ਮਾਣਿ ।੩।

ਅਰਥ:- ਹੇ ਸਖੀ! ਜਿਨ੍ਹਾਂ ਸੰਤ ਜਨਾਂ ਨੇ ਆਪਣੇ ਖਸਮ-ਪ੍ਰਭੂ ਨਾਲ ਸਾਂਝ ਪਾ ਲਈ ਹੈ, ਮੈਂ ਜਾ ਕੇ ਉਹਨਾਂ ਨੂੰ ਪੁੱਛਦੀ ਹਾਂ । ਆਪਾ-ਭਾਵ ਤਿਆਗ ਕੇ ਮੈਂ ਉਹਨਾਂ ਦੀ ਸੇਵਾ ਕਰਦੀ ਹਾਂ । ਹੇ ਸਖੀ! ਸਦਾ ਕਾਇਮ ਰਹਿਣ ਵਾਲਾ ਪ੍ਰਭੂ-ਪਤੀ ਆਤਮਕ ਅਡੋਲਤਾ ਵਿਚ ਟਿਕਿਆਂ ਪ੍ਰੇਮ ਵਿਚ ਜੁੜਿਆਂ ਹੀ ਮਿਲਦਾ ਹੈ । ਸਦਾ-ਥਿਰ ਪ੍ਰਭੂ ਆ ਕੇ ਉਸ ਜੀਵ-ਇਸਤ੍ਰੀ ਨੂੰ ਮਿਲ ਪੈਂਦਾ ਹੈ, ਜੇਹੜੀ ਸਦਾ-ਥਿਰ ਹਰਿ-ਨਾਮ ਸਿਮਰਨ ਦੀ ਕਮਾਈ ਕਰਦੀ ਹੈ, ਜੇਹੜੀ ਸਦਾ-ਥਿਰ ਹਰਿ-ਨਾਮ ਵਿਚ ਜੁੜੀ ਰਹਿੰਦੀ ਹੈ, ਜੇਹੜੀ ਗੁਰੂ

ਦੇ ਸ਼ਬਦ ਵਿਚ ਰੰਗੀ ਰਹਿੰਦੀ ਹੈ । ਉਹ ਜੀਵ-ਇਸਤ੍ਰੀ ਸਦਾ ਸੁਹਾਗ-ਵਾਲੀ ਰਹਿੰਦੀ ਹੈ, ਉਹ ਕਦੇ ਨਿ-ਖਸਮੀ ਨਹੀਂ ਹੁੰਦੀ, ਉਸ ਦੇ ਅੰਦਰ ਆਤਮਕ ਅਡੋਲਤਾ ਦੀ ਸਮਾਧੀ ਲੱਗੀ ਰਹਿੰਦੀ ਹੈ ।

ਹੇ ਸਖੀ! ਪ੍ਰਭੂ-ਪਤੀ ਹਰ ਥਾਂ ਮੌਜੂਦ ਹੈ, ਉਸ ਨੂੰ ਤੂੰ ਆਪਣੇ ਅੰਗ-ਸੰਗ ਵੱਸਦਾ ਵੇਖ, ਆਤਮਕ ਅਡੋਲਤਾ ਵਿਚ ਟਿਕ ਕੇ, ਪ੍ਰੇਮ ਵਿਚ ਜੁੜ ਕੇ ਉਸ ਦੇ ਮਿਲਾਪ ਦਾ ਆਨੰਦ ਮਾਣ ।

ਹੇ ਸਖੀ! ਜਿਨ੍ਹਾਂ ਸੰਤ ਜਨਾਂ ਨੇ ਆਪਣੇ ਖਸਮ-ਪ੍ਰਭੂ ਨਾਲ ਸਾਂਝ ਪਾ ਲਈ ਹੈ, ਮੈਂ ਜਾ ਕੇ ਉਹਨਾਂ ਨੂੰ ਪੁੱਛਦੀ ਹਾਂ (ਕਿ ਉਸ ਨਾਲ ਮਿਲਾਪ ਕਿਸ ਤਰ੍ਹਾਂ ਹੋ ਸਕਦਾ ਹੈ) ।੩।

ਪਿਰਹੁ ਵਿਛੁੰਨੀਆ ਭੀ ਮਿਲਹ ਜੇ ਸਤਿਗੁਰ ਲਾਗਹ ਸਾਚੇ ਪਾਏ ॥ ਸਤਿਗੁਰੁ ਸਦਾ ਦਇਆਲੁ ਹੈ ਅਵਗੁਣ ਸਬਦਿ ਜਲਾਏ ॥ ਅਉਗੁਣ ਸਬਦਿ ਜਲਾਏ ਦੂਜਾ ਭਾਉ ਗਵਾਏ ਸਚੇ ਹੀ ਸਚਿ ਰਾਤੀ ॥ ਸਚੈ ਸਬਦਿ ਸਦਾ ਸੁਖੁ ਪਾਇਆ ਹਉਮੈ ਗਈ ਭਰਾਤੀ ॥ ਪਿਰੁ ਨਿਰਮਾਇਲੁ ਸਦਾ ਸੁਖਦਾਤਾ ਨਾਨਕ ਸਬਦਿ ਮਿਲਾਏ ॥ ਪਿਰਹੁ ਵਿਛੁੰਨੀਆ ਭੀ ਮਿਲਹ ਜੇ ਸਤਿਗੁਰ ਲਾਗਹ ਸਾਚੇ ਪਾਏ ॥੪॥੧॥ {ਪੰਨਾ 583}

ਪਦਅਰਥ:- ਪਿਰਹੁ—ਪਿਰ ਤੋਂ, ਪ੍ਰਭੂ-ਪਤੀ ਤੋਂ । ਭੀ—ਮੁੜ ਭੀ । ਮਿਲਹ—ਅਸੀ ਮਿਲ ਸਕਦੀਆਂ ਹਾਂ । ਜੇ ਲਾਗਹ—ਜੇ ਅਸੀ ਲੱਗੀਏ । ਸਾਚੇ ਸਤਿਗੁਰ ਪਾਏ—ਸੱਚੇ ਗੁਰੂ ਦੀ ਚਰਨੀਂ । ਸਬਦਿ—ਸ਼ਬਦ ਵਿਚ (ਜੋੜ ਕੇ) । ਦੂਜਾ ਭਾਉ—ਮਾਇਆ ਦਾ ਪਿਆਰ । ਸਚੇ ਹੀ ਸਚਿ—ਸਦਾ ਕਾਇਮ ਰਹਿਣ ਵਾਲੇ ਪ੍ਰਭੂ ਵਿਚ ਹੀ । ਰਾਤੀ—ਮਸਤ । ਭਰਾਤੀ—ਭਟਕਣਾ । ਨਿਰਮਾਇਲੁ—ਪਵਿਤ੍ਰ ।੪।

ਅਰਥ:- ਹੇ ਸਖੀ! ਅਸੀ ਜੀਵ-ਇਸਤ੍ਰੀਆਂ ਪ੍ਰਭੂ-ਪਤੀ ਤੋਂ ਵਿਛੁੜੀਆਂ ਹੋਈਆਂ ਫਿਰ ਭੀ ਉਸ ਨੂੰ ਮਿਲ ਸਕਦੀਆਂ ਹਾਂ ਜੇ ਅਸੀ ਸੱਚੇ ਸਤਿਗੁਰੂ ਦੀ ਚਰਨੀਂ ਲੱਗੀਏ । ਹੇ ਸਖੀ! ਗੁਰੂ ਸਦਾ ਦਇਆਵਾਨ ਹੈ, ਉਹ (ਸਰਨ ਪਿਆਂ ਦੇ) ਅਵਗਣ (ਆਪਣੇ) ਸ਼ਬਦ ਵਿਚ (ਜੋੜ ਕੇ) ਸਾੜ ਦੇਂਦਾ ਹੈ । (ਹੇ ਸਖੀ! ਗੁਰੂ ਸਰਨ ਪਿਆਂ ਦੇ ਔਗੁਣ ਸ਼ਬਦ ਦੀ ਰਾਹੀਂ ਸਾੜ ਦੇਂਦਾ ਹੈ, ਮਾਇਆ ਦਾ ਪਿਆਰ ਦੂਰ ਕਰ ਦੇਂਦਾ ਹੈ । (ਗੁਰੂ ਦੀ ਚਰਨੀਂ ਲੱਗੀ ਹੋਈ ਜੀਵ-ਇਸਤ੍ਰੀ) ਸਦਾ-ਥਿਰ ਰਹਿਣ ਵਾਲੇ ਪਰਮਾਤਮਾ (ਦੀ ਯਾਦ) ਵਿਚ ਹੀ ਰੱਤੀ ਰਹਿੰਦੀ ਹੈ । ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਵਿਚ ਜੁੜ ਕੇ ਉਹ ਸਦਾ ਆਨੰਦ ਮਾਣਦੀ ਹੈ, ਉਸ ਦੀ ਹਉਮੈ ਉਸ ਦੀ ਭਟਕਣਾ ਦੂਰ ਹੋ ਜਾਂਦੀ ਹੈ ।

ਹੇ ਨਾਨਕ! ਪ੍ਰਭੂ-ਪਤੀ ਪਵਿਤ੍ਰ ਕਰਨ ਵਾਲਾ ਹੈ, ਸਦਾ ਸੁਖ ਦੇਣ ਵਾਲਾ ਹੈ, (ਗੁਰੂ ਆਪਣੇ) ਸ਼ਬਦ ਦੀ ਰਾਹੀਂ ਉਸ ਨਾਲ ਮਿਲਾ ਦੇਂਦਾ ਹੈ ।

ਹੇ ਸਖੀ! ਅਸੀ ਜੀਵ-ਇਸਤ੍ਰੀਆਂ ਪ੍ਰਭੂ-ਪਤੀ ਤੋਂ ਵਿਛੁੜੀਆਂ ਹੋਈਆਂ ਫਿਰ ਭੀ ਉਸ ਨੂੰ ਮਿਲ ਸਕਦੀਆਂ ਹਾਂ, ਜੇ ਅਸੀ ਸੱਚੇ ਸਤਿਗੁਰੂ ਦੀ ਚਰਨੀਂ ਲੱਗੀਏ ।੪।੧।

ਵਡਹੰਸੁ ਮਹਲਾ ੩ ॥ ਸੁਣਿਅਹੁ ਕੰਤ ਮਹੇਲੀਹੋ ਪਿਰੁ ਸੇਵਿਹੁ ਸਬਦਿ ਵੀਚਾਰਿ ॥ ਅਵਗਣਵੰਤੀ ਪਿਰੁ ਨ ਜਾਣਈ ਮੁਠੀ ਰੋਵੈ ਕੰਤ ਵਿਸਾਰਿ ॥ ਰੋਵੈ ਕੰਤ ਸੰਮਾਲਿ ਸਦਾ ਗੁਣ ਸਾਰਿ ਨਾ ਪਿਰੁ ਮਰੈ ਨ ਜਾਏ ॥ ਗੁਰਮੁਖਿ ਜਾਤਾ ਸਬਦਿ ਪਛਾਤਾ ਸਾਚੈ ਪ੍ਰੇਮਿ ਸਮਾਏ ॥

ਜਿਨਿ ਅਪਣਾ ਪਿਰੁ ਨਹੀ ਜਾਤਾ ਕਰਮ ਬਿਧਾਤਾ ਕੂੜਿ ਮੁਠੀ ਕੂੜਿਆਰੇ ॥ ਸੁਣਿਅਹੁ ਕੰਤ ਮਹੇਲੀਹੋ ਪਿਰੁ ਸੇਵਿਹੁ ਸਬਦਿ ਵੀਚਾਰੇ ॥੧॥ {ਪੰਨਾ 583}

ਪਦਅਰਥ:- ਮਹੇਲੀ—{mihlw, ਮਹਿਲਾ} ਇਸਤ੍ਰੀ । ਕੰਤ ਮਹੇਲੀਹੋ—ਹੇ ਪ੍ਰਭੂ-ਪਤੀ ਦੀ ਜੀਵ-ਇਸਤ੍ਰੀਓ । ਸਬਦਿ—ਸ਼ਬਦ ਦੀ ਰਾਹੀਂ । ਜਾਣਈ—ਜਾਣਏ, ਜਾਣੈ, ਜਾਣਦੀ । ਮੁਠੀ—ਠੱਗੀ ਹੋਈ, ਜਿਸ ਨੇ ਆਤਮਕ ਜੀਵਨ ਲੁਟਾ ਲਿਆ ਹੈ । ਰੋਵੈ—ਦੁਖੀ ਹੁੰਦੀ ਹੈ । ਸੰਮਾਲਿ—ਸੰਭਾਲ ਕੇ, ਹਿਰਦੇ ਵਿਚ ਵਸਾ ਕੇ । ਸਾਰਿ—ਸੰਭਾਲ ਕੇ । ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲੀ ਜੀਵ-ਇਸਤ੍ਰੀ । ਪ੍ਰੇਮਿ—ਪ੍ਰੇਮ ਵਿਚ । ਜਿਨਿ—ਜਿਸ ਨੇ । ਕਰਮ ਬਿਧਾਤਾ—ਜੀਵਾਂ ਦੇ ਕੀਤੇ ਕਰਮਾਂ ਅਨੁਸਾਰ ਪੈਦਾ ਕਰਨ ਵਾਲਾ । ਕੂੜਿ—ਕੂੜ ਵਿਚ, ਮਾਇਆ ਦੇ ਪਸਾਰੇ ਵਿਚ ।

ਅਰਥ:- ਹੇ ਪ੍ਰਭੂ-ਪਤੀ ਦੀ ਜੀਵ-ਇਸਤ੍ਰੀਓ! (ਮੇਰੀ ਗੱਲ) ਸੁਣ ਲੈਣੀ (ਉਹ ਇਹ ਹੈ ਕਿ) ਗੁਰੂ ਦੇ ਸ਼ਬਦ ਦੀ ਰਾਹੀਂ ਪ੍ਰਭੂ ਦੇ ਗੁਣਾਂ ਦਾ ਵਿਚਾਰ ਕਰ ਕੇ ਪ੍ਰਭੂ-ਪਤੀ ਦੀ ਸੇਵਾ-ਭਗਤੀ ਕਰਿਆ ਕਰੋ । ਜੇਹੜੀ ਜੀਵ-ਇਸਤ੍ਰੀ ਪ੍ਰਭੂ-ਪਤੀ ਨਾਲ ਡੂੰਘੀ ਸਾਂਝ ਨਹੀਂ ਪਾਂਦੀ, ਉਹ ਔਗੁਣਾਂ ਨਾਲ ਭਰੀ ਰਹਿੰਦੀ ਹੈ, ਪ੍ਰਭੂ-ਪਤੀ ਨੂੰ ਭੁਲਾ ਕੇ ਉਹ ਆਤਮਕ ਜੀਵਨ ਲੁਟਾ ਬੈਠਦੀ ਹੈ, ਤੇ, ਦੁਖੀ ਹੁੰਦੀ ਹੈ । ਪਰ ਜੇਹੜੀ ਜੀਵ-ਇਸਤ੍ਰੀ ਪਤੀ ਨੂੰ ਹਿਰਦੇ ਵਿਚ ਵਸਾ ਕੇ ਪ੍ਰਭੂ ਦੇ ਗੁਣ ਸਦਾ ਚੇਤੇ ਕਰ ਕਰ ਕੇ (ਪ੍ਰਭੂ ਦੇ ਦਰ ਤੇ ਸਦਾ) ਅਰਜ਼ੋਈਆਂ ਕਰਦੀ ਰਹਿੰਦੀ ਹੈ, ਉਸ ਦਾ ਖਸਮ (-ਪ੍ਰਭੂ) ਕਦੇ ਮਰਦਾ ਨਹੀਂ, ਉਸ ਨੂੰ ਕਦੇ ਛੱਡ ਕੇ ਨਹੀਂ ਜਾਂਦਾ ।

ਜੇਹੜੀ ਜੀਵ-ਇਸਤ੍ਰੀ ਗੁਰੂ ਦੀ ਸਰਨ ਪੈ ਕੇ ਪ੍ਰਭੂ ਨਾਲ ਡੂੰਘੀ ਸਾਂਝ ਪਾਂਦੀ ਹੈ, ਗੁਰੂ ਦੇ ਸ਼ਬਦ ਦੀ ਰਾਹੀਂ ਪ੍ਰਭੂ ਨਾਲ ਜਾਣ-ਪਛਾਣ ਬਣਾਂਦੀ ਹੈ, ਉਹ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦੇ ਪ੍ਰੇਮ ਵਿਚ ਲੀਨ ਰਹਿੰਦੀ ਹੈ । ਜਿਸ ਜੀਵ-ਇਸਤ੍ਰੀ ਨੇ ਆਪਣੇ ਉਸ ਪ੍ਰਭੂ-ਪਤੀ ਨਾਲ ਸਾਂਝ ਨਹੀਂ ਬਣਾਈ ਜੋ ਸਭ ਜੀਵਾਂ ਨੂੰ ਉਹਨਾਂ ਦੇ ਕਰਮਾਂ ਅਨੁਸਾਰ ਪੈਦਾ ਕਰਨ ਵਾਲਾ ਹੈ, ਉਸ ਕੂੜ ਦੀ ਵਣਜਾਰਨ ਨੂੰ ਮਾਇਆ ਦਾ ਮੋਹ ਠੱਗੀ ਰੱਖਦਾ ਹੈ (ਇਸ ਵਾਸਤੇ) ਹੇ ਪ੍ਰਭੂ-ਪਤੀ ਦੀ ਜੀਵ-ਇਸਤ੍ਰੀਓ! (ਮੇਰੀ ਬੇਨਤੀ) ਸੁਣ ਲੈਣੀ—ਗੁਰੂ ਦੇ ਸ਼ਬਦ ਦੀ ਰਾਹੀਂ ਪ੍ਰਭੂ ਦੇ ਗੁਣਾਂ ਦੀ ਵਿਚਾਰ ਕਰ ਕੇ ਪ੍ਰਭੂ ਦੀ ਸੇਵਾ-ਭਗਤੀ ਕਰਿਆ ਕਰੋ ।੧।

ਸਭੁ ਜਗੁ ਆਪਿ ਉਪਾਇਓਨੁ ਆਵਣੁ ਜਾਣੁ ਸੰਸਾਰਾ ॥ ਮਾਇਆ ਮੋਹੁ ਖੁਆਇਅਨੁ ਮਰਿ ਜੰਮੈ ਵਾਰੋ ਵਾਰਾ ॥ ਮਰਿ ਜੰਮੈ ਵਾਰੋ ਵਾਰਾ ਵਧਹਿ ਬਿਕਾਰਾ ਗਿਆਨ ਵਿਹੂਣੀ ਮੂਠੀ ॥ ਬਿਨੁ ਸਬਦੈ ਪਿਰੁ ਨ ਪਾਇਓ ਜਨਮੁ ਗਵਾਇਓ ਰੋਵੈ ਅਵਗੁਣਿਆਰੀ ਝੂਠੀ ॥ ਪਿਰੁ ਜਗਜੀਵਨੁ ਕਿਸ ਨੋ ਰੋਈਐ ਰੋਵੈ ਕੰਤੁ ਵਿਸਾਰੇ ॥ ਸਭੁ ਜਗੁ ਆਪਿ ਉਪਾਇਓਨੁ ਆਵਣੁ ਜਾਣੁ ਸੰਸਾਰੇ ॥੨॥ {ਪੰਨਾ 583}

ਪਦਅਰਥ:- ਉਪਾਇਓਨੁ—ਉਸ ਨੇ ਪੈਦਾ ਕੀਤਾ ਹੈ । ਆਵਣ ਜਾਣੁ—ਜੰਮਣ ਮਰਨ । ਖੁਆਇਅਨੁ—ਉਸ ਕੁਰਾਹੇ ਪਾ ਦਿੱਤੇ ਹਨ । ਵਾਰੋ ਵਾਰਾ—ਮੁੜ ਮੁੜ । ਮਰਿ ਜੰਮੈ—ਮਰ ਕੇ ਜੰਮਣਾ ਹੈ । ਵਧਹਿ—ਵਧਦੇ ਹਨ । ਵਿਹੂਣੀ—ਸੱਖਣੀ । ਗਿਆਨ—ਆਤਮਕ ਜੀਵਨ ਦੀ ਸੂਝ । ਮੂਠੀ—ਲੁੱਟੀ ਜਾਂਦੀ ਹੈ । ਰੋਵੈ—ਦੁਖੀ ਹੁੰਦੀ ਹੈ । ਅਵਗੁਣਿਆਰੀ—ਔਗੁਣਾਂ ਨਾਲ ਭਰੀ ਹੋਈ । ਝੂਠੀ—ਝੂਠੇ ਮੋਹ ਵਿਚ ਫਸੀ ਹੋਈ । ਜਗ ਜੀਵਨੁ—ਜਗਤ ਦਾ ਜੀਵਨ । ਕਿਸ ਨੋ ਰੋਈਐ—ਕਿਸੇ ਦੇ ਮਰਨ ਤੇ

ਰੋਣ ਦੀ ਲੋੜ ਨਹੀਂ ਹੁੰਦੀ । ਵਿਸਾਰੇ—ਵਿਸਾਰਿ, ਵਿਸਾਰ ਕੇ ।੨।

ਅਰਥ:- ਹੇ ਭਾਈ! ਸਾਰਾ ਜਗਤ, ਤੇ, ਜਗਤ ਦਾ ਜਨਮ ਮਰਨ ਪਰਮਾਤਮਾ ਨੇ ਆਪ ਬਣਾਇਆ ਹੈ । ਮਾਇਆ ਦਾ ਮੋਹ (ਪੈਦਾ ਕਰ ਕੇ ਇਸ ਮੋਹ ਵਿਚ ਜਗਤ ਨੂੰ ਪਰਮਾਤਮਾ ਨੇ) ਆਪ ਹੀ ਭੁਲਾਇਆ ਹੋਇਆ ਹੈ (ਤਾਂਹੀਏਂ) ਮੁੜ ਮੁੜ ਜੰਮਦਾ ਮਰਦਾ ਰਹਿੰਦਾ ਹੈ । (ਮਾਇਆ ਦੇ ਮੋਹ ਵਿਚ ਫਸ ਕੇ ਜੀਵ) ਮੁੜ ਮੁੜ ਜੰਮਦਾ ਮਰਦਾ ਰਹਿੰਦਾ ਹੈ, (ਇਸ ਵਿਚ) ਵਿਕਾਰ ਵਧਦੇ ਰਹਿੰਦੇ ਹਨ । ਆਤਮਕ ਜੀਵਨ ਦੀ ਸੂਝ ਤੋਂ ਸੱਖਣੀ ਦੁਨੀਆ ਆਤਮਕ ਜੀਵਨ ਦੀ ਰਾਸ-ਪੂੰਜੀ ਲੁਟਾ ਬੈਠਦੀ ਹੈ । ਗੁਰੂ ਦੇ ਸ਼ਬਦ ਤੋਂ ਬਿਨਾ ਜੀਵ-ਇਸਤ੍ਰੀ ਪ੍ਰਭੂ-ਪਤੀ ਦਾ ਮਿਲਾਪ ਪ੍ਰਾਪਤ ਨਹੀਂ ਕਰ ਸਕਦੀ । ਆਪਣਾ ਜਨਮ ਅਜਾਈਂ ਗਵਾ ਲੈਂਦੀ ਹੈ; ਔਗੁਣਾਂ ਨਾਲ ਭਰੀ ਹੋਈ, ਤੇ, ਝੂਠੇ ਮੋਹ ਵਿਚ ਫਸੀ ਹੋਈ ਦੁਖੀ ਹੁੰਦੀ ਰਹਿੰਦੀ ਹੈ ।

ਪਰ, ਹੇ ਭਾਈ! ਪ੍ਰਭੂ ਆਪ ਹੀ ਜਗਤ ਦਾ ਜੀਵਨ (-ਅਧਾਰ) ਹੈ, ਕਿਸੇ ਦੇ ਆਤਮਕ ਮੌਤ ਮਰਨ ਤੇ ਰੋਣਾ ਭੀ ਕੀਹ ਹੋਇਆ? (ਜੀਵ-ਇਸਤ੍ਰੀ) ਪ੍ਰਭੂ-ਪਤੀ ਨੂੰ ਭੁਲਾ ਕੇ ਦੁਖੀ ਹੁੰਦੀ ਰਹਿੰਦੀ ਹੈ । ਹੇ ਭਾਈ! ਸਾਰੇ ਜਗਤ ਨੂੰ ਪ੍ਰਭੂ ਨੇ ਆਪ ਹੀ ਪੈਦਾ ਕੀਤਾ ਹੈ, ਜਗਤ ਦਾ ਜਨਮ ਮਰਨ (ਭੀ) ਪ੍ਰਭੂ ਨੇ ਆਪ ਹੀ ਬਣਾਇਆ ਹੈ ।੨।

ਸੋ ਪਿਰੁ ਸਚਾ ਸਦ ਹੀ ਸਾਚਾ ਹੈ ਨਾ ਓਹੁ ਮਰੈ ਨ ਜਾਏ ॥ ਭੂਲੀ ਫਿਰੈ ਧਨ ਇਆਣੀਆ ਰੰਡ ਬੈਠੀ ਦੂਜੈ ਭਾਏ ॥ ਰੰਡ ਬੈਠੀ ਦੂਜੈ ਭਾਏ ਮਾਇਆ ਮੋਹਿ ਦੁਖੁ ਪਾਏ ਆਵ ਘਟੈ ਤਨੁ ਛੀਜੈ ॥ ਜੋ ਕਿਛੁ ਆਇਆ ਸਭੁ ਕਿਛੁ ਜਾਸੀ ਦੁਖੁ ਲਾਗਾ ਭਾਇ ਦੂਜੈ ॥ ਜਮਕਾਲੁ ਨ ਸੂਝੈ ਮਾਇਆ ਜਗੁ ਲੂਝੈ ਲਬਿ ਲੋਭਿ ਚਿਤੁ ਲਾਏ ॥ ਸੋ ਪਿਰੁ ਸਾਚਾ ਸਦ ਹੀ ਸਾਚਾ ਨਾ ਓਹੁ ਮਰੈ ਨ ਜਾਏ ॥੩॥ {ਪੰਨਾ 583}

ਪਦਅਰਥ:- ਸਚਾ—ਸਦਾ ਜੀਊਂਦਾ । ਸਦ ਹੀ—ਸਦਾ ਹੀ । ਨ ਜਾਏ—ਨਾਹ ਜੰਮਦਾ ਹੈ । ਭੂਲੀ ਫਿਰੈ—ਖੁੰਝੀ ਫਿਰਦੀ ਹੈ । ਧਨ—ਜੀਵ-ਇਸਤ੍ਰੀ । ਰੰਡ—ਨਿਖਸਮੀ, ਵਿਛੁੜੀ ਹੋਈ । ਦੂਜੈ ਭਾਏ—ਮਾਇਆ ਦੇ ਪਿਆਰ ਵਿਚ । ਆਵ—ਉਮਰ । ਤਨੁ—ਸਰੀਰ । ਛੀਜੈ—ਕਮਜ਼ੋਰ ਹੁੰਦਾ ਜਾਂਦਾ ਹੈ । ਜਾਸੀ—ਨਾਸ ਹੋ ਜਾਇਗਾ । ਲੂਝੈ—ਝਗੜਦਾ ਹੈ । ਲਬਿ—ਲੱਬ ਵਿਚ ।੩।

ਅਰਥ:- ਹੇ ਭਾਈ! ਉਹ ਪ੍ਰਭੂ-ਪਤੀ ਸਦਾ ਜੀਊਂਦਾ ਹੈ, ਸਦਾ ਹੀ ਜੀਊਂਦਾ ਹੈ, ਉਹ ਨਾਹ ਮਰਦਾ ਹੈ ਨਾਹ ਜੰਮਦਾ ਹੈ । ਅੰਞਾਣ ਜੀਵ-ਇਸਤ੍ਰੀ ਉਸ ਤੋਂ ਖੁੰਝੀ ਫਿਰਦੀ ਹੈ, ਮਾਇਆ ਦੇ ਮੋਹ ਵਿਚ ਫਸ ਕੇ ਪ੍ਰਭੂ ਤੋਂ ਵਿਛੁੜੀ ਰਹਿੰਦੀ ਹੈ । ਹੋਰ ਹੋਰ ਪਿਆਰ ਦੇ ਕਾਰਨ ਪ੍ਰਭੂ ਤੋਂ ਵਿਛੁੜੀ ਰਹਿੰਦੀ ਹੈ, ਮਾਇਆ ਦੇ ਮੋਹ ਵਿਚ ਫਸ ਕੇ ਦੁੱਖ ਸਹਿੰਦੀ ਹੈ, (ਇਸ ਮੋਹ ਵਿਚ ਇਸ ਦੀ) ਉਮਰ ਗੁਜ਼ਰਦੀ ਜਾਂਦੀ ਹੈ, ਤੇ, ਸਰੀਰ ਕਮਜ਼ੋਰ ਹੁੰਦਾ ਜਾਂਦਾ ਹੈ । (ਜਗਤ ਦਾ ਨਿਯਮ ਤਾਂ ਹੈ ਹੀ ਇਹ ਕਿ) ਜੋ ਕੁਝ ਇਥੇ ਜੰਮਿਆ ਹੈ ਉਹ ਸਭ ਕੁਝ ਨਾਸ ਹੋ ਜਾਂਦਾ ਹੈ, ਪਰ ਮਾਇਆ ਦੇ ਮੋਹ ਦੇ ਕਾਰਨ (ਇਹ ਅਟੱਲ ਨਿਯਮ ਭੁਲਾ ਕੇ ਜੀਵ ਨੂੰ ਕਿਸੇ ਦੇ ਮਰਨ ਤੇ) ਦੁੱਖ ਵਾਪਰਦਾ ਹੈ । ਜਗਤ (ਸਦਾ) ਮਾਇਆ ਦੀ ਖ਼ਾਤਰ ਲੜਦਾ-ਝਗੜਦਾ ਹੈ, ਇਸ ਨੂੰ (ਸਿਰ ਉਤੇ) ਮੌਤ ਨਹੀਂ ਸੁੱਝਦੀ, ਲੱਬ ਵਿਚ ਲੋਭ ਵਿਚ ਚਿੱਤ ਲਾਈ ਰੱਖਦਾ ਹੈ ।

ਹੇ ਭਾਈ! ਉਹ ਪ੍ਰਭੂ-ਪਤੀ ਸਦਾ ਜੀਊਂਦਾ ਹੈ, ਸਦਾ ਹੀ ਜੀਊਂਦਾ ਹੈ, ਉਹ ਨਾਹ ਮਰਦਾ ਹੈ ਨਾਹ ਜੰਮਦਾ ਹੈ ।੩।

ਇਕਿ ਰੋਵਹਿ ਪਿਰਹਿ ਵਿਛੁੰਨੀਆ ਅੰਧੀ ਨਾ ਜਾਣੈ ਪਿਰੁ ਨਾਲੇ ॥ ਗੁਰ ਪਰਸਾਦੀ ਸਾਚਾ ਪਿਰੁ ਮਿਲੈ ਅੰਤਰਿ ਸਦਾ ਸਮਾਲੇ ॥ ਪਿਰੁ ਅੰਤਰਿ ਸਮਾਲੇ ਸਦਾ ਹੈ ਨਾਲੇ ਮਨਮੁਖਿ ਜਾਤਾ ਦੂਰੇ ॥ ਇਹੁ ਤਨੁ ਰੁਲੈ ਰੁਲਾਇਆ ਕਾਮਿ ਨ ਆਇਆ ਜਿਨਿ ਖਸਮੁ ਨ ਜਾਤਾ ਹਦੂਰੇ ॥ ਨਾਨਕ ਸਾ ਧਨ ਮਿਲੈ ਮਿਲਾਈ ਪਿਰੁ ਅੰਤਰਿ ਸਦਾ ਸਮਾਲੇ ॥ ਇਕਿ ਰੋਵਹਿ ਪਿਰਹਿ ਵਿਛੁੰਨੀਆ ਅੰਧੀ ਨ ਜਾਣੈ ਪਿਰੁ ਹੈ ਨਾਲੇ ॥੪॥੨॥ {ਪੰਨਾ 583}

ਪਦਅਰਥ:- ਇਕਿ—{ਲਫ਼ਜ਼ 'ਇਕ' ਤੋਂ ਬਹੁ-ਵਚਨ} । ਰੋਵਹਿ—ਦੁਖੀ ਹੁੰਦੀਆਂ ਹਨ । ਪਿਰਹਿ—ਪਿਰ ਤੋਂ, ਪ੍ਰਭੂ-ਪਤੀ ਤੋਂ । ਅੰਧੀ—ਮਾਇਆ ਦੇ ਮੋਹ ਵਿਚ ਅੰਨ੍ਹੀ ਹੋ ਚੁਕੀ ਜੀਵ-ਇਸਤ੍ਰੀ । ਪਰਸਾਦੀ—ਪਰਸਾਦਿ, ਕਿਰਪਾ ਨਾਲ । ਅੰਤਰਿ—ਹਿਰਦੇ ਵਿਚ । ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਜੀਵ-ਇਸਤ੍ਰੀ । ਜਾਤਾ—ਸਮਝਦੀ ਹੈ । ਕਾਮਿ—ਕਿਸੇ ਕੰਮ ਵਿਚ । ਜਿਨਿ—ਜਿਸ (ਜੀਵ-ਇਸਤ੍ਰੀ) ਨੇ । ਹਦੂਰੇ—ਅੰਗ-ਸੰਗ ਵੱਸਦਾ । ਸਾ ਧਨ—ਜੀਵ-ਇਸਤ੍ਰੀ ।੪।

ਅਰਥ:- ਕਈ ਜੀਵ-ਇਸਤ੍ਰੀਆਂ ਐਸੀਆਂ ਹਨ ਜੋ ਪ੍ਰਭੂ-ਪਤੀ ਤੋਂ ਵਿਛੁੜ ਕੇ ਦੁੱਖੀ ਰਹਿੰਦੀਆਂ ਹਨ । ਮਾਇਆ ਦੇ ਮੋਹ ਵਿਚ ਅੰਨ੍ਹੀ ਹੋਈ ਜੀਵ-ਇਸਤ੍ਰੀ ਇਹ ਨਹੀਂ ਸਮਝਦੀ ਕਿ ਪ੍ਰਭੂ-ਪਤੀ ਹਰ ਵੇਲੇ ਨਾਲ ਵੱਸਦਾ ਹੈ । ਗੁਰੂ ਦੀ ਕਿਰਪਾ ਨਾਲ ਜੇਹੜੀ ਜੀਵ-ਇਸਤ੍ਰੀ ਪ੍ਰਭੂ-ਪਤੀ ਨੂੰ ਸਦਾ ਆਪਣੇ ਹਿਰਦੇ ਵਿਚ ਵਸਾਈ ਰੱਖਦੀ ਹੈ, ਉਸ ਨੂੰ ਸਦਾ ਜੀਉਂਦਾ-ਜਾਗਦਾ ਪ੍ਰਭੂ ਮਿਲ ਪੈਂਦਾ ਹੈ, ਉਹ ਜੀਵ-ਇਸਤ੍ਰੀ ਸਦਾ ਪ੍ਰਭੂ-ਪਤੀ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦੀ ਹੈ ਉਸ ਨੂੰ ਉਹ ਸਦਾ ਅੰਗ-ਸੰਗ ਦਿੱਸਦਾ ਹੈ । ਪਰ, ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਪ੍ਰਭੂ ਨੂੰ ਦੂਰ ਵੱਸਦਾ ਸਮਝਦੀ ਹੈ । ਹੇ ਭਾਈ! ਜਿਸ ਜੀਵ-ਇਸਤ੍ਰੀ ਨੇ ਖਸਮ-ਪ੍ਰਭੂ ਨੂੰ ਅੰਗ-ਸੰਗ ਵੱਸਦਾ ਨਾਹ ਸਮਝਿਆ, ਉਸ ਦਾ ਇਹ ਸਰੀਰ (ਵਿਕਾਰਾਂ ਵਿਚ) ਰੁਲਾਇਆ ਰੁਲਦਾ ਹੈ, ਤੇ, ਕਿਸੇ ਕੰਮ ਨਹੀਂ ਆਉਂਦਾ । ਹੇ ਨਾਨਕ! ਜੇਹੜੀ ਜੀਵ-ਇਸਤ੍ਰੀ (ਗੁਰੂ ਦੀ ਕਿਰਪਾ ਨਾਲ) ਪ੍ਰਭੂ-ਪਤੀ ਨੂੰ ਸਦਾ ਆਪਣੇ ਹਿਰਦੇ ਵਿਚ ਵਸਾਈ ਰੱਖਦੀ ਹੈ, ਉਹ (ਗੁਰੂ ਦੀ) ਮਿਲਾਈ ਹੋਈ ਪ੍ਰਭੂ ਨੂੰ ਮਿਲ ਪੈਂਦੀ ਹੈ ।

ਕਈ ਜੀਵ-ਇਸਤ੍ਰੀਆਂ ਐਸੀਆਂ ਹਨ ਜੋ ਪ੍ਰਭੂ-ਪਤੀ ਤੋਂ ਵਿਛੁੜ ਕੇ ਦੁੱਖ ਪਾਂਦੀਆਂ ਹਨ । ਮਾਇਆ ਦੇ ਮੋਹ ਵਿਚ ਅੰਨ੍ਹੀ ਹੋ ਚੁਕੀ ਜੀਵ-ਇਸਤ੍ਰੀ ਇਹ ਨਹੀਂ ਸਮਝਦੀ ਕਿ ਪ੍ਰਭੂ-ਪਤੀ ਹਰ ਵੇਲੇ ਨਾਲ ਵੱਸਦਾ ਹੈ ।੪।੨।

ਵਡਹੰਸੁ ਮਃ ੩ ॥ ਰੋਵਹਿ ਪਿਰਹਿ ਵਿਛੁੰਨੀਆ ਮੈ ਪਿਰੁ ਸਚੜਾ ਹੈ ਸਦਾ ਨਾਲੇ ॥ ਜਿਨੀ ਚਲਣੁ ਸਹੀ ਜਾਣਿਆ ਸਤਿਗੁਰੁ ਸੇਵਹਿ ਨਾਮੁ ਸਮਾਲੇ ॥ ਸਦਾ ਨਾਮੁ ਸਮਾਲੇ ਸਤਿਗੁਰੁ ਹੈ ਨਾਲੇ ਸਤਿਗੁਰੁ ਸੇਵਿ ਸੁਖੁ ਪਾਇਆ ॥ ਸਬਦੇ ਕਾਲੁ ਮਾਰਿ ਸਚੁ ਉਰਿ ਧਾਰਿ ਫਿਰਿ ਆਵਣ ਜਾਣੁ ਨ ਹੋਇਆ ॥ ਸਚਾ ਸਾਹਿਬੁ ਸਚੀ ਨਾਈ ਵੇਖੈ ਨਦਰਿ ਨਿਹਾਲੇ ॥ ਰੋਵਹਿ ਪਿਰਹੁ ਵਿਛੁੰਨੀਆ ਮੈ ਪਿਰੁ ਸਚੜਾ ਹੈ ਸਦਾ ਨਾਲੇ ॥੧॥ {ਪੰਨਾ 584}

ਪਦਅਰਥ:- ਰੋਵਹਿ—ਦੁਖੀ ਹੁੰਦੀਆਂ ਹਨ । ਪਿਰਹਿ—ਪਿਰ ਤੋਂ, ਪ੍ਰਭੂ-ਪਤੀ ਤੋਂ । ਮੈ ਪਿਰੁ—ਮੇਰਾ ਪ੍ਰਭੂ-ਪਤੀ । ਸਚੜਾ—ਸਦਾ ਜੀਉਂਦਾ-ਜਾਗਦਾ । ਚਲਣੁ—ਕੂਚ, ਮੌਤ । ਸੇਵਹਿ—ਸੇਂਵਦੀਆਂ ਹਨ । ਸਮਾਲੇ—ਸਮਾਲਿ, ਹਿਰਦੇ ਵਿਚ ਵਸਾ ਕੇ । ਸਬਦੇ—ਸਬਦਿ, ਸ਼ਬਦ ਦੀ ਰਾਹੀਂ । ਕਾਲੁ—ਮੌਤ,

ਮੌਤ ਦਾ ਡਰ, ਆਤਮਕ ਮੌਤ । ਮਾਰਿ—ਮਾਰ ਕੇ, ਮੁਕਾ ਕੇ । ਉਰਿ—ਹਿਰਦੇ ਵਿਚ । ਧਾਰਿ—ਰੱਖ ਕੇ । ਸਦਾ—ਸਦਾ ਕਾਇਮ ਰਹਿਣ ਵਾਲਾ । ਸਚੀ—ਸਦਾ ਕਾਇਮ ਰਹਿਣ ਵਾਲੀ । ਨਾਈ—{ਸ੍ਨਾ ਤੋਂ 'ਅਸਨਾਈ' ਅਤੇ 'ਨਾਈ' ਦੋ ਰੂਪ ਹਨ} ਵਡਿਆਈ । ਨਦਰਿ—ਮੇਹਰ ਦੀ ਨਿਗਾਹ ਨਾਲ । ਨਿਹਾਲੇ—ਵੇਖਦਾ ਹੈ ।੧।

ਅਰਥ:- ਪ੍ਰਭੂ-ਪਤੀ ਤੋਂ ਵਿਛੁੜੀਆਂ ਹੋਈਆਂ ਜੀਵ-ਇਸਤ੍ਰੀਆਂ ਸਦਾ ਦੁਖੀ ਰਹਿੰਦੀਆਂ ਹਨ (ਉਹ ਨਹੀਂ ਜਾਣਦੀਆਂ ਕਿ) ਮੇਰਾ ਪ੍ਰਭੂ-ਪਤੀ ਸਦਾ ਜੀਉਂਦਾ-ਜਾਗਦਾ ਹੈ, ਤੇ, ਸਦਾ (ਸਾਡੇ) ਨਾਲ ਵੱਸਦਾ ਹੈ । ਹੇ ਭਾਈ! ਜਿਨ੍ਹਾਂ ਜੀਵਾਂ ਨੇ (ਜਗਤ ਤੋਂ ਆਖ਼ਰ) ਚਲੇ ਜਾਣ ਨੂੰ ਠੀਕ ਮੰਨ ਲਿਆ ਹੈ, ਉਹ ਪਰਮਾਤਮਾ ਦਾ ਨਾਮ ਹਿਰਦੇ ਵਿਚ ਵਸਾ ਕੇ ਗੁਰੂ ਦੀ ਦੱਸੀ ਸੇਵਾ ਕਰਦੇ ਹਨ । ਹੇ ਭਾਈ! ਜੇਹੜਾ ਮਨੁੱਖ ਪ੍ਰਭੂ ਦੇ ਨਾਮ ਨੂੰ ਹਿਰਦੇ ਵਿਚ ਸਦਾ ਵਸਾਈ ਰੱਖਦਾ ਹੈ, ਗੁਰੂ ਉਸ ਦੇ ਅੰਗ-ਸੰਗ ਵੱਸਦਾ ਹੈ, ਉਹ ਗੁਰੂ ਦੀ ਦੱਸੀ ਸੇਵਾ ਕਰ ਕੇ ਸੁਖ ਮਾਣਦਾ ਹੈ । ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਮੌਤ ਦੇ ਡਰ ਨੂੰ ਦੂਰ ਕਰ ਕੇ ਉਹ ਮਨੁੱਖ ਸਦਾ-ਥਿਰ ਪ੍ਰਭੂ ਨੂੰ ਆਪਣੇ ਹਿਰਦੇ ਵਿਚ ਵਸਾਂਦਾ ਹੈ, ਉਸ ਨੂੰ ਮੁੜ ਜਨਮ ਮਰਨ ਦਾ ਗੇੜ ਨਹੀਂ ਵਿਆਪਦਾ । ਹੇ ਭਾਈ! ਮਾਲਕ-ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ, ਉਸ ਦੀ ਵਡਿਆਈ ਸਦਾ ਕਾਇਮ ਰਹਿਣ ਵਾਲੀ ਹੈ, ਉਹ ਮੇਹਰ ਦੀ ਨਿਗਾਹ ਕਰ ਕੇ (ਸਭ ਜੀਵਾਂ ਦੀ) ਸੰਭਾਲ ਕਰਦਾ ਹੈ । (ਪਰ) ਪ੍ਰਭੂ-ਪਤੀ ਤੋਂ ਵਿਛੁੜੀਆਂ ਹੋਈਆਂ ਜੀਵ-ਇਸਤ੍ਰੀਆਂ ਸਦਾ ਦੁਖੀ ਰਹਿੰਦੀਆਂ ਹਨ (ਉਹ ਨਹੀਂ ਜਾਣਦੀਆਂ ਕਿ) ਮੇਰਾ ਪ੍ਰਭੂ-ਪਤੀ ਸਦਾ ਜੀਉਂਦਾ-ਜਾਗਦਾ ਹੈ, ਤੇ, ਸਦਾ ਸਾਡੇ ਨਾਲ ਵੱਸਦਾ ਹੈ ।੧।

ਪ੍ਰਭੁ ਮੇਰਾ ਸਾਹਿਬੁ ਸਭ ਦੂ ਊਚਾ ਹੈ ਕਿਵ ਮਿਲਾਂ ਪ੍ਰੀਤਮ ਪਿਆਰੇ ॥ ਸਤਿਗੁਰਿ ਮੇਲੀ ਤਾਂ ਸਹਜਿ ਮਿਲੀ ਪਿਰੁ ਰਾਖਿਆ ਉਰ ਧਾਰੇ ॥ ਸਦਾ ਉਰ ਧਾਰੇ ਨੇਹੁ ਨਾਲਿ ਪਿਆਰੇ ਸਤਿਗੁਰ ਤੇ ਪਿਰੁ ਦਿਸੈ ॥ ਮਾਇਆ ਮੋਹ ਕਾ ਕਚਾ ਚੋਲਾ ਤਿਤੁ ਪੈਧੈ ਪਗੁ ਖਿਸੈ ॥ ਪਿਰ ਰੰਗਿ ਰਾਤਾ ਸੋ ਸਚਾ ਚੋਲਾ ਤਿਤੁ ਪੈਧੈ ਤਿਖਾ ਨਿਵਾਰੇ ॥ ਪ੍ਰਭੁ ਮੇਰਾ ਸਾਹਿਬੁ ਸਭ ਦੂ ਊਚਾ ਹੈ ਕਿਉ ਮਿਲਾ ਪ੍ਰੀਤਮ ਪਿਆਰੇ ॥੨॥ {ਪੰਨਾ 584}

ਪਦਅਰਥ:- ਸਾਹਿਬੁ—ਮਾਲਕ । ਸਭਦੂ—ਸਭਨਾਂ ਤੋਂ । ਕਿਵ—ਕਿਸ ਤਰ੍ਹਾਂ? ਸਤਿਗੁਰਿ—ਸਤਿਗੁਰੂ ਨੇ । ਸਹਜਿ—ਆਤਮਕ ਅਡੋਲਤਾ ਵਿਚ (ਟਿਕ ਕੇ) । ਉਰ—ਹਿਰਦਾ । ਤੇ—ਤੋਂ, ਦੀ ਰਾਹੀਂ । ਦਿਸੈ—ਦਿੱਸਦਾ ਹੈ, ਦਰਸਨ ਹੁੰਦਾ ਹੈ । ਕਚਾ ਚੋਲਾ—ਕੱਚੇ ਰੰਗ ਵਾਲਾ ਚੋਲਾ । ਤਿਤੁ—ਉਸ ਦੀ ਰਾਹੀਂ। ਤਿਤੁ ਪੈਧੈ—ਉਸ ਦੇ ਪਹਿਨਣ ਨਾਲ । ਪਗੁ—ਪੈਰ । ਖਿਸੈ—ਖਿਸਕਦਾ ਹੈ, ਤਿਲਕਦਾ ਹੈ, ਡੋਲਦਾ ਹੈ । ਰੰਗਿ—ਰੰਗ ਵਿਚ । ਰਾਤਾ—ਰੰਗਿਆ ਹੋਇਆ । ਸਚਾ ਚੋਲਾ—ਪੱਕੇ ਰੰਗ ਵਾਲਾ ਚੋਲਾ । ਤਿਖਾ—ਮਾਇਆ ਦੀ ਤ੍ਰਿਸ਼ਨਾ । ਨਿਵਾਰੇ—ਦੂਰ ਕਰ ਦੇਂਦਾ ਹੈ ।੨।

ਅਰਥ:- ਹੇ ਭਾਈ! ਮੇਰਾ ਮਾਲਕ-ਪ੍ਰਭੂ ਸਭਨਾਂ ਨਾਲੋਂ ਉੱਚਾ ਹੈ (ਪਰ ਮੈਂ ਜੀਵ-ਇਸਤ੍ਰੀ ਬੜੇ ਨੀਵੇਂ ਜੀਵਨ ਵਾਲੀ ਹਾਂ) ਮੈਂ ਉਸ ਪਿਆਰੇ ਪ੍ਰੀਤਮ ਨੂੰ ਕਿਵੇਂ ਮਿਲ ਸਕਦੀ ਹਾਂ? ਜਦੋਂ ਗੁਰੂ ਨੇ (ਕਿਸੇ ਜੀਵ-ਇਸਤ੍ਰੀ ਨੂੰ ਉਸ ਪ੍ਰਭੂ ਵਿਚ) ਮਿਲਾਇਆ, ਤਾਂ ਉਹ ਆਤਮਕ ਅਡੋਲਤਾ ਵਿਚ ਟਿਕ ਕੇ ਪ੍ਰਭੂ ਨਾਲ ਮਿਲ ਗਈ ਉਸ ਜੀਵ-ਇਸਤ੍ਰੀ ਨੇ ਪ੍ਰਭੂ-ਪਤੀ ਨੂੰ ਆਪਣੇ ਹਿਰਦੇ ਵਿਚ ਵਸਾ ਲਿਆ । ਉਹ ਜੀਵ-ਇਸਤ੍ਰੀ ਪ੍ਰਭੂ ਨੂੰ ਸਦਾ ਆਪਣੇ ਹਿਰਦੇ ਵਿਚ ਵਸਾਈ ਰੱਖਦੀ ਹੈ ਉਹ ਸਦਾ ਪਿਆਰੇ ਪ੍ਰਭੂ ਨਾਲ ਪਿਆਰ

ਬਣਾਈ ਰੱਖਦੀ ਹੈ । ਹੇ ਭਾਈ! ਗੁਰੂ ਦੀ ਰਾਹੀਂ ਹੀ ਪ੍ਰਭੂ-ਪਤੀ ਦਾ ਦਰਸਨ ਹੁੰਦਾ ਹੈ । ਮਾਇਆ ਦਾ ਮੋਹ, ਮਾਨੋ ਕੱਚੇ ਰੰਗ ਵਾਲਾ ਚੋਲਾ ਹੈ, ਜੇ ਇਹ ਚੋਲਾ ਪਹਿਨੀ ਰੱਖੀਏ, (ਆਤਮਕ ਜੀਵਨ ਦੇ ਪੈਂਡੇ ਵਿਚ ਮਨੁੱਖ ਦਾ) ਪੈਰ ਡੋਲਦਾ ਹੀ ਰਹਿੰਦਾ ਹੈ । ਪ੍ਰਭੂ-ਪਤੀ ਦੇ ਪ੍ਰੇਮ-ਰੰਗ ਵਿਚ ਰੰਗਿਆ ਹੋਇਆ ਚੋਲਾ ਪੱਕੇ ਰੰਗ ਵਾਲਾ ਹੈ, ਜੇ ਇਹ ਚੋਲਾ ਪਹਿਨ ਲਈਏ, ਤਾਂ (ਪ੍ਰਭੂ ਦਾ ਪਿਆਰ ਮਨੁੱਖ ਦੇ ਹਿਰਦੇ ਵਿਚੋਂ ਮਾਇਆ ਦੀ) ਤ੍ਰਿਸ਼ਨਾ ਦੂਰ ਕਰ ਦੇਂਦਾ ਹੈ ।

ਹੇ ਭਾਈ! ਮੇਰਾ ਮਾਲਕ-ਪ੍ਰਭੂ ਸਭਨਾਂ ਨਾਲੋਂ ਉੱਚਾ ਹੈ (ਪਰ ਮੈਂ ਜੀਵ-ਇਸਤ੍ਰੀ ਬੜੇ ਨੀਵੇਂ ਜੀਵਨ ਵਾਲੀ ਹਾਂ) ਮੈਂ ਉਸ ਪਿਆਰੇ ਪ੍ਰੀਤਮ ਨੂੰ ਕਿਵੇਂ ਮਿਲ ਸਕਦੀ ਹਾਂ? ।੨।

ਮੈ ਪ੍ਰਭੁ ਸਚੁ ਪਛਾਣਿਆ ਹੋਰ ਭੂਲੀ ਅਵਗਣਿਆਰੇ ॥ ਮੈ ਸਦਾ ਰਾਵੇ ਪਿਰੁ ਆਪਣਾ ਸਚੜੈ ਸਬਦਿ ਵੀਚਾਰੇ ॥ ਸਚੈ ਸਬਦਿ ਵੀਚਾਰੇ ਰੰਗਿ ਰਾਤੀ ਨਾਰੇ ਮਿਲਿ ਸਤਿਗੁਰ ਪ੍ਰੀਤਮੁ ਪਾਇਆ ॥ ਅੰਤਰਿ ਰੰਗਿ ਰਾਤੀ ਸਹਜੇ ਮਾਤੀ ਗਇਆ ਦੁਸਮਨੁ ਦੂਖੁ ਸਬਾਇਆ ॥ ਅਪਨੇ ਗੁਰ ਕੰਉ ਤਨੁ ਮਨੁ ਦੀਜੈ ਤਾਂ ਮਨੁ ਭੀਜੈ ਤ੍ਰਿਸਨਾ ਦੂਖ ਨਿਵਾਰੇ ॥ ਮੈ ਪਿਰੁ ਸਚੁ ਪਛਾਣਿਆ ਹੋਰ ਭੂਲੀ ਅਵਗਣਿਆਰੇ ॥੩॥ {ਪੰਨਾ 584}

ਪਦਅਰਥ:- ਸਚੁ—ਸਦਾ ਕਾਇਮ ਰਹਿਣ ਵਾਲਾ । ਪਛਾਣਿਆ—ਸਾਂਝ ਪਾਈ । ਅਵਗਣਿਆਰੇ—ਔਗੁਣਾਂ ਨਾਲ ਭਰੀ ਹੋਈ । ਰਾਵੇ—ਆਤਮਕ ਆਨੰਦ ਬਖ਼ਸ਼ਦਾ ਹੈ, ਚਰਨਾਂ ਨਾਲ ਜੋੜੀ ਰੱਖਦਾ ਹੈ । ਸਬਦਿ—ਸ਼ਬਦ ਦੀ ਰਾਹੀਂ । ਵੀਚਾਰੇ—ਵੀਚਾਰਿ, ਵਿਚਾਰ ਕਰ ਕੇ । ਰੰਗਿ—ਪ੍ਰੇਮ-ਰੰਗ ਵਿਚ । ਨਾਰੇ—ਨਾਰਿ, ਜੀਵ-ਇਸਤ੍ਰੀ । ਮਿਲਿ ਸਤਿਗੁਰ—ਗੁਰੂ ਨੂੰ ਮਿਲ ਕੇ । ਸਹਜੇ—ਆਤਮਕ ਅਡੋਲਤਾ ਵਿਚ । ਮਾਤੀ—ਮਸਤ । ਸਬਾਇਆ—ਸਾਰਾ । ਕੰਉ—ਨੂੰ । ਦੀਜੈ—ਦੇ ਦੇਣਾ ਚਾਹੀਦਾ ਹੈ । ਭੀਜੈ—ਭਿੱਜ ਜਾਂਦਾ ਹੈ, ਰਸ ਜਾਂਦਾ ਹੈ ।੩।

ਅਰਥ:- (ਗੁਰੂ ਨੇ ਮੇਰੇ ਉਤੇ ਮੇਹਰ ਕੀਤੀ, ਤਾਂ) ਮੈਂ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨਾਲ ਸਾਂਝ ਪਾ ਲਈ । ਜਿਸ ਨੂੰ ਗੁਰੂ ਦਾ ਮਿਲਾਪ ਨਸੀਬ ਨਾਹ ਹੋਇਆ ਉਹ ਔਗੁਣਾਂ ਵਿਚ ਫਸੀ ਰਹੀ ਤੇ ਪ੍ਰਭੂ-ਚਰਨਾਂ ਤੋਂ ਖੁੰਝੀ ਰਹੀ । ਗੁਰੂ ਦੇ ਸ਼ਬਦ ਦੀ ਰਾਹੀਂ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਗੁਣਾਂ ਦੀ ਵਿਚਾਰ ਕਰਨ ਕਰਕੇ ਮੇਰਾ ਪ੍ਰਭੂ-ਪਤੀ ਮੈਨੂੰ ਸਦਾ ਆਪਣੇ ਚਰਨਾਂ ਵਿਚ ਜੋੜੀ ਰੱਖਦਾ ਹੈ ।

ਜੇਹੜੀ ਜੀਵ-ਇਸਤ੍ਰੀ ਗੁਰੂ ਦੇ ਸ਼ਬਦ ਦੀ ਰਾਹੀਂ ਸਦਾ-ਥਿਰ ਪ੍ਰਭੂ ਦੇ ਗੁਣਾਂ ਦੀ ਵਿਚਾਰ ਆਪਣੇ ਮਨ ਵਿਚ ਵਸਾਂਦੀ ਹੈ, ਉਹ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੀ ਰਹਿੰਦੀ ਹੈ, ਗੁਰੂ ਨੂੰ ਮਿਲ ਕੇ ਉਹ ਪ੍ਰੀਤਮ-ਪ੍ਰਭੂ ਨੂੰ (ਆਪਣੇ ਅੰਦਰ ਹੀ) ਲੱਭ ਲੈਂਦੀ ਹੈ, ਉਹ ਆਪਣੇ ਅੰਤਰ ਆਤਮੇ ਪਰਮਾਤਮਾ ਦੇ ਪਿਆਰ-ਰੰਗ ਵਿਚ ਰੰਗੀ ਰਹਿੰਦੀ ਹੈ, ਉਹ ਸਦਾ ਆਤਮਕ ਅਡੋਲਤਾ ਵਿਚ ਮਸਤ ਰਹਿੰਦੀ ਹੈ, (ਵਿਕਾਰ ਆਦਿਕ ਉਸ ਦਾ) ਹਰੇਕ ਵੈਰੀ ਤੇ ਦੁੱਖ ਦੂਰ ਹੋ ਜਾਂਦਾ ਹੈ ।

ਹੇ ਭਾਈ! ਇਹ ਸਰੀਰ ਤੇ ਇਹ ਮਨ ਆਪਣੇ ਗੁਰੂ ਦੇ ਹਵਾਲੇ ਕਰ ਦੇਣਾ ਚਾਹੀਦਾ ਹੈ (ਜਦੋਂ ਤਨ ਮਨ ਗੁਰੂ ਨੂੰ ਦੇ ਦੇਈਏ) ਤਦੋਂ ਮਨ (ਹਰਿ-ਨਾਮ-ਰਸ ਨਾਲ) ਰਸ ਜਾਂਦਾ ਹੈ (ਗੁਰੂ ਮਨੁੱਖ ਦੇ) ਤ੍ਰਿਸ਼ਨਾ ਆਦਿਕ ਦੁੱਖ ਦੂਰ ਕਰ ਦੇਂਦਾ ਹੈ । (ਗੁਰੂ ਨੇ ਮੇਰੇ ਉਤੇ ਮੇਹਰ ਕੀਤੀ, ਤਾਂ) ਮੈਂ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨਾਲ ਸਾਂਝ ਪਾ ਲਈ । ਜਿਸ ਨੂੰ ਗੁਰੂ ਦਾ ਮਿਲਾਪ ਨਸੀਬ ਨਾਹ ਹੋਇਆ ਉਹ ਔਗੁਣਾਂ ਵਿਚ ਫਸੀ ਰਹੀ ਤੇ ਪ੍ਰਭੂ-ਚਰਨਾਂ ਤੋਂ ਖੁੰਝੀ ਰਹੀ ।੩।

ਸਚੜੈ ਆਪਿ ਜਗਤੁ ਉਪਾਇਆ ਗੁਰ ਬਿਨੁ ਘੋਰ ਅੰਧਾਰੋ ॥ ਆਪਿ ਮਿਲਾਏ ਆਪਿ ਮਿਲੈ ਆਪੇ ਦੇਇ ਪਿਆਰੋ ॥ ਆਪੇ ਦੇਇ ਪਿਆਰੋ ਸਹਜਿ ਵਾਪਾਰੋ ਗੁਰਮੁਖਿ ਜਨਮੁ ਸਵਾਰੇ ॥ ਧਨੁ ਜਗ ਮਹਿ ਆਇਆ ਆਪੁ ਗਵਾਇਆ ਦਰਿ ਸਾਚੈ ਸਚਿਆਰੋ ॥ ਗਿਆਨਿ ਰਤਨਿ ਘਟਿ ਚਾਨਣੁ ਹੋਆ ਨਾਨਕ ਨਾਮ ਪਿਆਰੋ ॥ ਸਚੜੈ ਆਪਿ ਜਗਤੁ ਉਪਾਇਆ ਗੁਰ ਬਿਨੁ ਘੋਰ ਅੰਧਾਰੋ ॥੪॥੩॥ {ਪੰਨਾ 584}

ਪਦਅਰਥ:- ਸਚੜੈ—ਸਦਾ ਕਾਇਮ ਰਹਿਣ ਵਾਲੇ ਪ੍ਰਭੂ ਨੇ । ਘੋਰ ਅੰਧਾਰੋ—ਘੋਰ ਅੰਧਾਰੁ, ਘੁੱਪ ਹਨੇਰਾ । ਆਪੇ—ਆਪ ਹੀ । ਦੇਇ—ਦੇਂਦਾ ਹੈ । ਸਹਜਿ—ਆਤਮਕ ਅਡੋਲਤਾ ਵਿਚ । ਵਾਪਾਰੋ—ਵਾਪਾਰੁ, ਨਾਮ ਦਾ ਵਣਜ । ਗੁਰਮੁਖਿ—ਗੁਰੂ ਦੀ ਰਾਹੀਂ । ਧਨੁ—ਸਫਲ, ਧੰਨ । ਆਪੁ—ਆਪਾ-ਭਾਵ । ਦਰਿ—ਦਰਿ ਤੇ । ਸਚਿਆਰੋ—ਸੁਰਖ਼-ਰੂ । ਗਿਆਨਿ—ਗਿਆਨ ਦੀ ਰਾਹੀਂ, ਆਤਮਕ ਜੀਵਨ ਦੀ ਸੂਝ ਦੀ ਰਾਹੀਂ । ਰਤਨਿ—ਰਤਨ ਦੀ ਰਾਹੀਂ । ਘਟਿ—ਹਿਰਦੇ ਵਿਚ । ਨਾਮ ਪਿਆਰੋ—ਨਾਮ ਦਾ ਪਿਆਰ ।੪।

ਅਰਥ:- ਹੇ ਭਾਈ! ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੇ ਆਪ ਇਹ ਜਗਤ ਪੈਦਾ ਕੀਤਾ ਹੈ, ਪਰ ਗੁਰੂ ਦੀ ਸਰਨ ਪੈਣ ਤੋਂ ਬਿਨਾ ਜੀਵ ਨੂੰ (ਇਸ ਵਿਚ ਆਤਮਕ ਜੀਵਨ ਵਲੋਂ) ਘੁੱਪ ਹਨੇਰਾ (ਰਹਿੰਦਾ) ਹੈ । (ਗੁਰੂ ਦੀ ਸਰਨ ਪਾ ਕੇ) ਪਰਮਾਤਮਾ ਆਪ ਹੀ (ਜੀਵ ਨੂੰ ਆਪਣੇ ਨਾਲ) ਮਿਲਾਂਦਾ ਹੈ, ਆਪ (ਹੀ ਜੀਵ ਨੂੰ) ਮਿਲਦਾ ਹੈ, ਆਪ ਹੀ (ਆਪਣੇ ਚਰਨਾਂ ਦਾ) ਪਿਆਰ ਬਖ਼ਸ਼ਦਾ ਹੈ । ਪ੍ਰਭੂ ਆਪ ਹੀ (ਆਪਣਾ) ਪਿਆਰ ਦੇਂਦਾ ਹੈ, (ਜੀਵ ਨੂੰ) ਆਤਮਕ ਅਡੋਲਤਾ ਵਿਚ ਟਿਕਾ ਕੇ (ਆਪਣੇ ਨਾਮ ਦਾ) ਵਪਾਰ ਕਰਾਂਦਾ ਹੈ, ਤੇ ਗੁਰੂ ਦੀ ਸਰਨ ਪਾ ਕੇ (ਜੀਵ ਦਾ) ਜਨਮ ਸੰਵਾਰਦਾ ਹੈ । (ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਆਪਣੇ ਅੰਦਰੋਂ) ਆਪਾ-ਭਾਵ ਦੂਰ ਕਰਦਾ ਹੈ, ਉਸ ਦਾ ਜਗਤ ਵਿਚ ਆਉਣਾ ਸਫਲ ਹੋ ਜਾਂਦਾ ਹੈ, ਉਹ ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੇ ਦਰ ਤੇ ਸੁਰਖ਼-ਰੂ ਹੋ ਜਾਂਦਾ ਹੈ । ਹੇ ਨਾਨਕ! (ਗੁਰੂ ਤੋਂ ਮਿਲੇ) ਗਿਆਨ-ਰਤਨ ਦੀ ਬਰਕਤਿ ਨਾਲ ਉਸ ਦੇ ਹਿਰਦੇ ਵਿਚ (ਆਤਮਕ ਜੀਵਨ ਦਾ) ਚਾਨਣ ਹੋ ਜਾਂਦਾ ਹੈ । ਹੇ ਭਾਈ! ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੇ ਆਪ ਇਹ ਜਗਤ ਪੈਦਾ ਕੀਤਾ ਹੈ, ਪਰ ਗੁਰੂ ਦੀ ਸਰਨ ਪੈਣ ਤੋਂ ਬਿਨਾ (ਜੀਵ ਨੂੰ ਇਸ ਵਿਚ ਆਤਮਕ ਜੀਵਨ ਵਲੋਂ) ਘੁੱਪ ਹਨੇਰਾ ਬਣਿਆ ਰਹਿੰਦਾ ਹੈ ।੪।੩।

ਵਡਹੰਸੁ ਮਹਲਾ ੩ ॥ ਇਹੁ ਸਰੀਰੁ ਜਜਰੀ ਹੈ ਇਸ ਨੋ ਜਰੁ ਪਹੁਚੈ ਆਏ ॥ ਗੁਰਿ ਰਾਖੇ ਸੇ ਉਬਰੇ ਹੋਰੁ ਮਰਿ ਜੰਮੈ ਆਵੈ ਜਾਏ ॥ ਹੋਰਿ ਮਰਿ ਜੰਮਹਿ ਆਵਹਿ ਜਾਵਹਿ ਅੰਤਿ ਗਏ ਪਛੁਤਾਵਹਿ ਬਿਨੁ ਨਾਵੈ ਸੁਖੁ ਨ ਹੋਈ ॥ ਐਥੈ ਕਮਾਵੈ ਸੋ ਫਲੁ ਪਾਵੈ ਮਨਮੁਖਿ ਹੈ ਪਤਿ ਖੋਈ ॥ ਜਮ ਪੁਰਿ ਘੋਰ ਅੰਧਾਰੁ ਮਹਾ ਗੁਬਾਰੁ ਨਾ ਤਿਥੈ ਭੈਣ ਨ ਭਾਈ ॥ ਇਹੁ ਸਰੀਰੁ ਜਜਰੀ ਹੈ ਇਸ ਨੋ ਜਰੁ ਪਹੁਚੈ ਆਈ ॥੧॥ {ਪੰਨਾ 584}

ਪਦਅਰਥ:- ਜਜਰੀ—ਪੁੱਗਾ, ਨਾਸ ਹੋ ਜਾਣ ਵਾਲਾ । ਇਸ ਨੋ—{ਲਫ਼ਜ਼ 'ਇਸੁ' ਦਾ ੍ਹ ਸੰਬੰਧਕ 'ਨੋ' ਦੇ ਕਾਰਨ ਉੱਡ ਗਿਆ ਹੈ} । ਜਰੁ—ਬੁਢੇਪਾ । ਪਹੁਚੈ ਆਏ—ਪਹੁਚੈ ਆਇ, ਆ ਅੱਪੜਦਾ ਹੈ । ਗੁਰਿ—ਗੁਰੂ ਨੇ । ਸੇ—ਉਹ ਮਨੁੱਖ {ਬਹੁ-ਵਚਨ} । ਉਬਰੇ—ਬਚ ਜਾਂਦੇ ਹਨ । ਹੋਰੁ—ਜੇਹੜਾ

ਮਨੁੱਖ ਗੁਰੂ ਦੀ ਸਰਨ ਨਹੀਂ ਆਉਂਦਾ । ਆਵੈ—ਜੰਮਦਾ ਹੈ । ਜਾਏ—ਮਰਦਾ ਹੈ । ਹੋਰਿ—{ਲਫ਼ਜ਼ 'ਹੋਰੁ' ਦਾ ਬਹੁ-ਵਚਨ} ਉਹ ਬੰਦੇ ਜੋ ਗੁਰੂ ਦੀ ਸਰਨ ਨਹੀਂ ਆਉਂਦੇ । ਜੰਮਹਿ—ਜੰਮਦੇ ਹਨ । ਆਵਹਿ—ਜੰਮਦੇ ਹਨ । ਜਾਵਹਿ—ਮਰ ਜਾਂਦੇ ਹਨ । ਅੰਤਿ—ਆਖ਼ਰ ਨੂੰ । ਗਏ—ਜਾਂਦੇ ਹੋਏ । ਐਥੈ—ਇਸ ਜਗਤ ਵਿਚ । ਕਮਾਵੈ—(ਮਨੁੱਖ ਜੇਹੜੀ) ਕਰਣੀ ਕਰਦਾ ਹੈ । ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ । ਪਤਿ—ਇੱਜ਼ਤ । ਜਮ ਪੁਰਿ—ਜਮ ਰਾਜ ਦੀ ਪੁਰੀ ਵਿਚ । ਘੋਰ ਅੰਧਾਰੁ—ਘੁੱਪ ਹਨੇਰਾ । ਮਹਾ ਗੁਬਾਰੁ—ਬਹੁਤ ਹਨੇਰਾ । ਤਿਥੈ—ਉਸ ਥਾਂ ।੧।

ਅਰਥ:- ਹੇ ਭਾਈ! ਇਹ ਸਰੀਰ ਪੁਰਾਣਾ ਹੋ ਜਾਣ ਵਾਲਾ ਹੈ, ਇਸ ਨੂੰ ਬੁਢੇਪਾ (ਜ਼ਰੂਰ) ਆ ਦਬਾਂਦਾ ਹੈ (ਪਰ ਮਨੁੱਖ ਇਸ ਸਰੀਰ ਦੇ ਮੋਹ ਵਿਚ ਫਸਿਆ ਰਹਿੰਦਾ ਹੈ) ਜਿਨ੍ਹਾਂ ਮਨੁੱਖਾਂ ਦੀ ਗੁਰੂ ਨੇ ਰੱਖਿਆ ਕੀਤੀ, ਉਹ (ਮੋਹ ਵਿਚ ਗ਼ਰਕ ਹੋਣ ਤੋਂ) ਬਚ ਜਾਂਦੇ ਹਨ । ਜੇਹੜਾ ਮਨੁੱਖ ਗੁਰੂ ਦੀ ਸਰਨ ਨਹੀਂ ਆਉਂਦਾ, ਉਹ (ਇਸ ਸਰੀਰ ਦੇ ਮੋਹ ਵਿਚ ਫਸ ਕੇ) ਮਰਦਾ ਹੈ ਜੰਮਦਾ ਹੈ, ਜੰਮਦਾ ਹੈ ਮਰਦਾ ਹੈ । ਗੁਰੂ ਦੀ ਸਰਨ ਨਾਹ ਪੈਣ ਵਾਲੇ ਮਨੁੱਖ (ਸਰੀਰਕ ਮੋਹ ਵਿਚ ਫਸ ਕੇ) ਮੁੜ ਮੁੜ ਜੰਮਦੇ ਮਰਦੇ ਰਹਿੰਦੇ ਹਨ, ਅੰਤ ਵੇਲੇ ਜਾਂਦੇ ਹੋਏ ਹੱਥ ਮਲਦੇ ਹੀ ਜਾਂਦੇ ਹਨ, ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਉਹਨਾਂ ਨੂੰ (ਕਦੇ) ਸੁਖ ਨਸੀਬ ਨਹੀਂ ਹੁੰਦਾ ।

ਹੇ ਭਾਈ! ਇਸ ਲੋਕ ਵਿਚ ਮਨੁੱਖ ਜੇਹੜੀ ਕਰਣੀ ਕਮਾਂਦਾ ਹੈ ਉਹੀ ਫਲ ਭੋਗਦਾ ਹੈ । ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਇਸ ਲੋਕ ਵਿਚ) ਆਪਣੀ ਇੱਜ਼ਤ ਗਵਾ ਲੈਂਦਾ ਹੈ । ਜਮ ਰਾਜ ਦੀ ਪੁਰੀ ਵਿਚ ਭੀ (ਪਰਲੋਕ ਵਿਚ ਭੀ ਉਸ ਦੇ ਆਤਮਕ ਜੀਵਨ ਵਾਸਤੇ) ਘੁੱਪ ਹਨੇਰਾ ਬਹੁਤ ਹਨੇਰਾ ਹੀ ਟਿਕਿਆ ਰਹਿੰਦਾ ਹੈ, (ਇਸ ਦੁਨੀਆ ਵਾਲਾ ਕੋਈ) ਭੈਣ ਭਰਾ ਉਸ ਲੋਕ ਵਿਚ ਸਹਾਇਤਾ ਨਹੀਂ ਕਰ ਸਕਦਾ ।

ਹੇ ਭਾਈ! ਇਹ ਸਰੀਰ ਪੁਰਾਣਾ ਹੋ ਜਾਣ ਵਾਲਾ ਹੈ, ਇਸ ਨੂੰ ਬੁਢੇਪਾ (ਜ਼ਰੂਰ) ਆ ਜਾਂਦਾ ਹੈ (ਪਰ ਮਨੁੱਖ ਇਸ ਸਰੀਰ ਦੇ ਮੋਹ ਵਿਚ ਫਸਿਆ ਰਹਿੰਦਾ ਹੈ) ।੧।

ਕਾਇਆ ਕੰਚਨੁ ਤਾਂ ਥੀਐ ਜਾਂ ਸਤਿਗੁਰੁ ਲਏ ਮਿਲਾਏ ॥ ਭ੍ਰਮੁ ਮਾਇਆ ਵਿਚਹੁ ਕਟੀਐ ਸਚੜੈ ਨਾਮਿ ਸਮਾਏ ॥ ਸਚੈ ਨਾਮਿ ਸਮਾਏ ਹਰਿ ਗੁਣ ਗਾਏ ਮਿਲਿ ਪ੍ਰੀਤਮ ਸੁਖੁ ਪਾਏ ॥ ਸਦਾ ਅਨੰਦਿ ਰਹੈ ਦਿਨੁ ਰਾਤੀ ਵਿਚਹੁ ਹੰਉਮੈ ਜਾਏ ॥ ਜਿਨੀ ਪੁਰਖੀ ਹਰਿ ਨਾਮਿ ਚਿਤੁ ਲਾਇਆ ਤਿਨ ਕੈ ਹੰਉ ਲਾਗਉ ਪਾਏ ॥ ਕਾਂਇਆ ਕੰਚਨੁ ਤਾਂ ਥੀਐ ਜਾ ਸਤਿਗੁਰੁ ਲਏ ਮਿਲਾਏ ॥੨॥ {ਪੰਨਾ 585}

ਪਦਅਰਥ:- ਕਾਇਆ—ਸਰੀਰ । ਕੰਚਨੁ—ਸੋਨਾ, ਸੋਨੇ ਵਾਂਗ ਪਵਿਤ੍ਰ । ਤਾਂ—ਤਦੋਂ । ਲਏ ਮਿਲਾਏ—ਲਏ ਮਿਲਾਇ । ਭ੍ਰਮੁ—ਭਟਕਣਾ । ਨਾਮਿ—ਨਾਮ ਵਿਚ । ਸਮਾਏ—ਲੀਨ ਹੋ ਜਾਂਦਾ ਹੈ । ਮਿਲਿ ਪ੍ਰੀਤਮ—ਪ੍ਰੀਤਮ ਨੂੰ ਮਿਲ ਕੇ । ਅਨੰਦਿ—ਅਨੰਦ ਵਿਚ । ਪੁਰਖੀ—ਪੁਰਖਾਂ ਨੇ । ਹੰਉ—ਮੈਂ । ਤਿਨ ਕੈ ਪਾਏ—ਉਹਨਾਂ ਦੀ ਚਰਨੀਂ । ਲਾਗਉ—ਲਾਗਉਂ, ਮੈਂ ਲੱਗਦਾ ਹਾਂ ।੨।

ਅਰਥ:- ਹੇ ਭਾਈ! (ਮਨੁੱਖ ਦਾ) ਇਹ ਸਰੀਰ ਤਦੋਂ ਸੋਨੇ ਵਾਂਗ ਪਵਿਤ੍ਰ ਹੁੰਦਾ ਹੈ, ਜਦੋਂ ਗੁਰੂ (ਮਨੁੱਖ ਨੂੰ) ਪਰਮਾਤਮਾ ਦੇ ਚਰਨਾਂ ਵਿਚ ਜੋੜ ਦੇਂਦਾ ਹੈ । (ਤਦੋਂ ਮਨੁੱਖ) ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਨਾਮ ਵਿਚ ਲੀਨ ਹੋ ਜਾਂਦਾ ਹੈ, ਤੇ, ਇਸ ਦੇ ਅੰਦਰੋਂ ਮਾਇਆ ਦੀ ਖ਼ਾਤਰ ਭਟਕਣਾ ਦੂਰ ਹੋ ਜਾਂਦੀ ਹੈ

। ਮਨੁੱਖ ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਲੀਨ ਹੋ ਜਾਂਦਾ ਹੈ, ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ, ਪ੍ਰਭੂ-ਪ੍ਰੀਤਮ ਨੂੰ ਮਿਲ ਕੇ ਆਨੰਦ ਮਾਣਦਾ ਹੈ । ਇਸ ਆਨੰਦ ਵਿਚ ਦਿਨ ਰਾਤ ਸਦਾ ਟਿਕਿਆ ਰਹਿੰਦਾ ਹੈ, ਤੇ, ਇਸ ਦੇ ਅੰਦਰੋਂ ਹਉਮੈ ਦੂਰ ਹੋ ਜਾਂਦੀ ਹੈ ।

ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦੇ ਨਾਮ ਵਿਚ ਚਿੱਤ ਜੋੜਿਆ ਹੋਇਆ ਹੈ, ਮੈਂ ਉਹਨਾਂ ਦੀ ਚਰਨੀਂ ਲੱਗਦਾ ਹਾਂ । (ਮਨੁੱਖ ਦਾ ਇਹ) ਸਰੀਰ ਤਦੋਂ ਸੋਨੇ ਵਾਂਗ ਪਵਿਤ੍ਰ ਹੋ ਜਾਂਦਾ ਹੈ, ਜਦੋਂ ਗੁਰੂ ਮਨੁੱਖ ਨੂੰ ਪਰਮਾਤਮਾ ਦੇ ਚਰਨਾਂ ਵਿਚ ਜੋੜ ਦੇਂਦਾ ਹੈ ।੨।

ਸੋ ਸਚਾ ਸਚੁ ਸਲਾਹੀਐ ਜੇ ਸਤਿਗੁਰੁ ਦੇਇ ਬੁਝਾਏ ॥ ਬਿਨੁ ਸਤਿਗੁਰ ਭਰਮਿ ਭੁਲਾਣੀਆ ਕਿਆ ਮੁਹੁ ਦੇਸਨਿ ਆਗੈ ਜਾਏ ॥ ਕਿਆ ਦੇਨਿ ਮੁਹੁ ਜਾਏ ਅਵਗੁਣਿ ਪਛੁਤਾਏ ਦੁਖੋ ਦੁਖੁ ਕਮਾਏ ॥ ਨਾਮਿ ਰਤੀਆ ਸੇ ਰੰਗਿ ਚਲੂਲਾ ਪਿਰ ਕੈ ਅੰਕਿ ਸਮਾਏ ॥ ਤਿਸੁ ਜੇਵਡੁ ਅਵਰੁ ਨ ਸੂਝਈ ਕਿਸੁ ਆਗੈ ਕਹੀਐ ਜਾਏ ॥ ਸੋ ਸਚਾ ਸਚੁ ਸਲਾਹੀਐ ਜੇ ਸਤਿਗੁਰੁ ਦੇਇ ਬੁਝਾਏ ॥੩॥ {ਪੰਨਾ 585}

ਪਦਅਰਥ:- ਸਚਾ ਸਚੁ—ਸਦਾ ਕਾਇਮ ਰਹਿਣ ਵਾਲਾ ਪ੍ਰਭੂ । ਸਲਾਹੀਐ—ਸਲਾਹਿਆ ਜਾ ਸਕਦਾ ਹੈ । ਦੇਇ ਬੁਝਾਏ—ਦੇਇ ਬੁਝਾਇ, ਸਮਝਾ ਦੇਵੇ, ਸਿਫ਼ਤਿ-ਸਾਲਾਹ ਕਰਨ ਦੀ ਸਮਝ ਬਖ਼ਸ਼ ਦੇਵੇ । ਭਰਮਿ—(ਮਾਇਆ ਦੀ) ਭਟਕਣਾ ਵਿਚ । ਭੁਲਾਣੀਆ—ਕੁਰਾਹੇ ਪੈ ਜਾਂਦੀਆਂ ਹਨ । ਦੇਸਨਿ—ਦੇਣਗੀਆਂ । ਆਗੈ—ਪਰਲੋਕ ਵਿਚ । ਜਾਏ—ਜਾਇ, ਜਾ ਕੇ । ਦੇਨਿ—ਦੇਂਦੀਆਂ ਹਨ । ਅਵਗੁਣਿ—ਔਗੁਣ ਦੇ ਕਾਰਨ । ਪਛੁਤਾਏ—(ਜੀਵ-ਇਸਤ੍ਰੀ) ਪਛੁਤਾਂਦੀ ਹੈ । ਕਮਾਏ—ਸਹੇੜਦੀ ਹੈ । ਨਾਮਿ—ਨਾਮ ਵਿਚ । ਰੰਗਿ—ਰੰਗ ਵਿਚ । ਚਲੂਲਾ—ਗੂੜ੍ਹਾ । ਅੰਕਿ—ਗੋਦ ਵਿਚ, ਗਲਵੱਕੜੀ ਵਿਚ । ਸਮਾਏ—ਸਮਾਇ, ਲੀਨ ਹੋ ਕੇ । ਤਿਸੁ ਜੇਵਡੁ—ਉਸ ਪਰਮਾਤਮਾ ਦੇ ਬਰਾਬਰ ਦਾ । ਜਾਏ—ਜਾਇ, ਜਾ ਕੇ ।੩।

ਅਰਥ:- ਹੇ ਭਾਈ! ਉਸ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਤਦੋਂ ਹੀ ਕੀਤੀ ਜਾ ਸਕਦੀ ਹੈ, ਜੇ ਗੁਰੂ (ਸਿਫ਼ਤਿ-ਸਾਲਾਹ ਕਰਨ ਦੀ) ਅਕਲ ਦੇ ਦੇਵੇ । ਗੁਰੂ ਦੀ ਸਰਨ ਤੋਂ ਬਿਨਾ (ਜੀਵ-ਇਸਤ੍ਰੀਆਂ ਮਾਇਆ ਦੀ) ਭਟਕਣਾ ਵਿਚ ਪੈ ਕੇ ਕੁਰਾਹੇ ਪੈ ਜਾਂਦੀਆਂ ਹਨ, ਤੇ, ਪਰਲੋਕ ਵਿਚ ਜਾ ਕੇ ਸ਼ਰਮ-ਸਾਰ ਹੁੰਦੀਆਂ ਹਨ । ਪਰਲੋਕ ਵਿਚ ਜਾ ਕੇ ਉਹ ਮੂੰਹ ਨਹੀਂ ਵਿਖਾ ਸਕਦੀਆਂ ।

ਹੇ ਭਾਈ! ਜੇਹੜੀ ਜੀਵ-ਇਸਤ੍ਰੀ ਔਗੁਣ ਵਿਚ ਫਸ ਜਾਂਦੀ ਹੈ, ਉਹ ਆਖ਼ਰ ਪਛੁਤਾਂਦੀ ਹੈ, ਉਹ ਸਦਾ ਦੁੱਖ ਹੀ ਦੁੱਖ ਸਹੇੜਦੀ ਹੈ । ਪਰਮਾਤਮਾ ਦੇ ਨਾਮ ਵਿਚ ਰੰਗੀਆਂ ਹੋਈਆਂ ਜੀਵ-ਇਸਤ੍ਰੀਆਂ ਪਰਮਾਤਮਾ ਦੇ ਚਰਨਾਂ ਵਿਚ ਲੀਨ ਹੋ ਕੇ ਗੂੜ੍ਹੇ ਪ੍ਰੇਮ-ਰੰਗ ਵਿਚ (ਮਸਤ ਰਹਿੰਦੀਆਂ ਹਨ) ।

ਹੇ ਭਾਈ! ਉਸ ਪਰਮਾਤਮਾ ਦੇ ਬਰਾਬਰ ਦਾ (ਜਗਤ ਵਿਚ) ਹੋਰ ਕੋਈ ਨਹੀਂ ਦਿੱਸਦਾ (ਇਸ ਵਾਸਤੇ ਪਰਮਾਤਮਾ ਤੋਂ ਬਿਨਾ) ਕਿਸੇ ਹੋਰ ਅੱਗੇ (ਕੋਈ ਦੁਖ ਸੁਖ) ਦੱਸਿਆ ਨਹੀਂ ਜਾ ਸਕਦਾ । (ਪਰ) ਉਸ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਤਦੋਂ ਹੀ ਕੀਤੀ ਜਾ ਸਕਦੀ ਹੈ, ਜੇ ਗੁਰੂ (ਸਿਫ਼ਤਿ-ਸਾਲਾਹ ਕਰਨ ਦੀ) ਸਮਝ ਬਖ਼ਸ਼ ਦੇਵੇ ।੩।

ਜਿਨੀ ਸਚੜਾ ਸਚੁ ਸਲਾਹਿਆ ਹੰਉ ਤਿਨ ਲਾਗਉ ਪਾਏ ॥ ਸੇ ਜਨ ਸਚੇ ਨਿਰਮਲੇ ਤਿਨ ਮਿਲਿਆ ਮਲੁ ਸਭ ਜਾਏ ॥ ਤਿਨ ਮਿਲਿਆ ਮਲੁ ਸਭ ਜਾਏ ਸਚੈ ਸਰਿ ਨਾਏ ਸਚੈ ਸਹਜਿ ਸੁਭਾਏ ॥ ਨਾਮੁ ਨਿਰੰਜਨੁ ਅਗਮੁ ਅਗੋਚਰੁ ਸਤਿਗੁਰਿ ਦੀਆ ਬੁਝਾਏ ॥ ਅਨਦਿਨੁ ਭਗਤਿ ਕਰਹਿ ਰੰਗਿ ਰਾਤੇ ਨਾਨਕ ਸਚਿ ਸਮਾਏ ॥ ਜਿਨੀ ਸਚੜਾ ਸਚੁ ਧਿਆਇਆ ਹੰਉ ਤਿਨ ਕੈ ਲਾਗਉ ਪਾਏ ॥੪॥੪॥ {ਪੰਨਾ 585}

ਪਦਅਰਥ:- ਸਚੇ—ਸਦਾ-ਥਿਰ, ਅਡੋਲ-ਚਿੱਤ । ਸਰਿ—ਸਰੋਵਰ ਵਿਚ । ਨਾਏ—ਨ੍ਹਾਏ, ਇਸ਼ਨਾਨ ਕਰ ਲੈਂਦਾ ਹੈ । ਸਹਜਿ—ਆਤਮਕ ਅਡੋਲਤਾ ਵਿਚ । ਸੁਭਾਏ—ਸੁਭਾਇ, ਪ੍ਰੇਮ ਵਿਚ । ਸਤਿਗੁਰਿ—ਗੁਰੂ ਨੇ । ਅਨਦਿਨੁ—ਹਰ ਰੋਜ਼ । ਸਚਿ—ਸਦਾ-ਥਿਰ ਹਰੀ ਵਿਚ । ਸਮਾਏ—ਸਮਾਇ, ਲੀਨ ਰਹਿ ਕੇ ।੪।

ਅਰਥ:- ਜਿਨ੍ਹਾਂ ਨੇ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਕੀਤੀ, ਮੈਂ ਉਹਨਾਂ ਦੇ ਚਰਨੀਂ ਲੱਗਦਾ ਹਾਂ । ਉਹ ਮਨੁੱਖ ਅਡੋਲ-ਚਿੱਤ ਹੋ ਜਾਂਦੇ ਹਨ, ਪਵਿਤ੍ਰ ਹੋ ਜਾਂਦੇ ਹਨ, ਉਹਨਾਂ ਦਾ ਦਰਸ਼ਨ ਕੀਤਿਆਂ (ਵਿਕਾਰਾਂ ਦੀ) ਸਾਰੀ ਮੈਲ ਦੂਰ ਹੋ ਜਾਂਦੀ ਹੈ । ਉਹਨਾਂ ਦਾ ਦੀਦਾਰ ਕਰਨ ਨਾਲ (ਵਿਕਾਰਾਂ ਦੀ) ਸਾਰੀ ਮੈਲ ਲਹਿ ਜਾਂਦੀ ਹੈ । (ਜੇਹੜਾ ਮਨੁੱਖ ਉਹਨਾਂ ਦਾ ਦਰਸ਼ਨ ਕਰਦਾ ਹੈ, ਉਹ ਮਨੁੱਖ) ਸਦਾ-ਥਿਰ ਪ੍ਰਭੂ ਦੇ ਨਾਮ-ਸਰੋਵਰ ਵਿਚ ਇਸ਼ਨਾਨ ਕਰਦਾ ਹੈ, ਉਹ ਸਦਾ-ਥਿਰ ਹਰੀ ਵਿਚ ਲੀਨ ਹੋ ਜਾਂਦਾ ਹੈ, ਆਤਮਕ ਅਡੋਲਤਾ ਵਿਚ ਟਿਕ ਜਾਂਦਾ ਹੈ, ਪ੍ਰੇਮ-ਰੰਗ ਵਿਚ ਮਸਤ ਰਹਿੰਦਾ ਹੈ । ਹੇ ਭਾਈ! ਪਰਮਾਤਮਾ ਦਾ ਨਾਮ ਮਾਇਆ ਦੀ ਕਾਲਖ ਤੋਂ ਰਹਿਤ (ਕਰਨ ਵਾਲਾ) ਹੈ, ਪਰ ਪ੍ਰਭੂ (ਸਿਆਣਪ ਚਤੁਰਾਈ ਦੀ ਰਾਹੀਂ) ਅਪਹੁੰਚ ਹੈ, ਗਿਆਨ-ਇੰਦ੍ਰਿਆਂ ਦੀ ਭੀ ਉਸ ਤਕ ਪਹੁੰਚ ਨਹੀਂ । ਜਿਨ੍ਹਾਂ ਨੂੰ ਗੁਰੂ ਨੇ (ਪ੍ਰਭੂ ਦੀ) ਸੂਝ ਦਿੱਤੀ, ਉਹ, ਹੇ ਨਾਨਕ! ਸਦਾ-ਥਿਰ ਪ੍ਰਭੂ ਵਿਚ ਲੀਨ ਹੋ ਕੇ ਹਰ ਵੇਲੇ ਨਾਮ-ਰੰਗ ਵਿਚ ਰੰਗੇ ਹੋਏ ਪ੍ਰਭੂ ਦੀ ਭਗਤੀ ਕਰਦੇ ਰਹਿੰਦੇ ਹਨ ।

ਹੇ ਭਾਈ! ਜਿਨ੍ਹਾਂ ਨੇ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨ ਦਾ ਉੱਦਮ ਫੜ ਲਿਆ, ਮੈਂ ਉਹਨਾਂ ਦੀ ਚਰਨੀਂ ਲੱਗਦਾ ਹਾਂ ।੪।੪।

ਵਡਹੰਸ ਕੀ ਵਾਰ ਮਹਲਾ ੪ ੴ ਸਤਿਗੁਰ ਪ੍ਰਸਾਦਿ ॥

ਵਾਰ ਦਾ ਭਾਵ

ਪਉੜੀ ਵਾਰ:

(੧) ਜਿਸ ਪਰਮਾਤਮਾ ਨੇ ਅਦ੍ਰਿਸ਼ਟ ਰੂਪ ਤੋਂ ਸਰੂਪ ਵਾਲਾ ਹੋ ਕੇ ਇਹ ਜਗਤ ਰਚਿਆ ਹੈ, ਜੋ ਸਭ ਕੁਝ ਕਰਨ ਦੇ ਸਮਰੱਥ ਹੈ ਤੇ ਜੋ ਸਭ ਜੀਵਾਂ ਨੂੰ ਅਣਮੰਗਿਆ ਦਾਨ ਦੇਂਦਾ ਹੈ ਉਸ ਦੀ ਬੰਦਗੀ ਦਾ ਖ਼ੈਰ ਸਤਿਗੁਰੂ ਪਾਸੋਂ ਹੀ ਮਿਲਦਾ ਹੈ ।

(੨) ਸਤਿਗੁਰੂ ਦੇ ਅੰਦਰ ਪਰਮਾਤਮਾ ਪ੍ਰਤੱਖ ਪਰਗਟ ਹੈ, ਕਿਉਂਕਿ ਗੁਰੂ ਅਪਣੱਤ ਮਿਟਾ ਕੇ ਪਰਮਾਤਮਾ ਨਾਲ ਇੱਕ-ਰੂਪ ਹੋ ਜਾਂਦਾ ਹੈ । ਗੁਰੂ ਹੋਰ ਲੋਕਾਂ ਨੂੰ ਭੀ ਪਰਮਾਤਮਾ ਨੇੜੇ ਅੰਗ-ਸੰਗ ਵਿਖਾ ਕੇ ਵਿਕਾਰਾਂ ਤੋਂ ਬਚਾ ਲੈਂਦਾ ਹੈ ਤੇ ਸੋਹਣੇ ਰਸਤੇ ਪਾ ਦੇਂਦਾ ਹੈ ।

(੩) ਸਤਿਗੁਰੂ ਹੀ ਮਨੁੱਖ ਨੂੰ ਪਰਮਾਤਮਾ ਦੇ ਮਿਲਣ ਦਾ ਰਾਹ ਦੱਸਦਾ ਹੈ, ਮਨੁੱਖ ਦੇ ਮਨ ਵਿਚੋਂ ਮੋਹ

ਦਾ ਹਨੇਰਾ ਦੂਰ ਕਰ ਕੇ ਉਸ ਨੂੰ ਪ੍ਰਭੂ ਦੀ ਯਾਦ ਵਿਚ ਜੋੜਦਾ ਹੈ ।

(੪) ਸਤਿਗੁਰੂ ਸਿੱਖ ਨੂੰ ਸਤਸੰਗ ਵਿਚ ਸਾਂਝੀਵਾਲ ਬਣਾਂਦਾ ਹੈ, ਕਿਉਂਕਿ ਸਤਸੰਗ ਵਿਚ ਜਾ ਕੇ ਸਹਜ ਸੁਭਾਇ ਹੀ ਮਨੁੱਖ ਸਿਮਰਨ ਵਿਚ ਲੱਗ ਪੈਂਦਾ ਹੈ, ਓਥੇ ਹੁੰਦੀ ਹੀ ਪਰਮਾਤਮਾ ਦੇ ਗੁਣਾਂ ਦੀ ਵਿਚਾਰ ਹੈ ।

(੫) ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਸੁਣਾ ਕੇ ਗੁਰੂ ਮਨੁੱਖ ਨੂੰ ਪਰਮਾਤਮਾ ਦੀ ਹੋਂਦ ਦੀ ਸੂਝ ਪਾ ਦੇਂਦਾ ਹੈ, ਬੰਦਗੀ ਵਿਚ ਜੋੜ ਕੇ ਤ੍ਰਿਸ਼ਨਾ ਆਦਿਕ ਤੋਂ ਬਚਾਂਦਾ ਹੈ ਤੇ ਸੰਤੋਖ ਵਾਲਾ ਜੀਵਨ ਜੀਊਣ ਦੀ ਜਾਚ ਸਿਖਾਂਦਾ ਹੈ ।

(੬) ਸਤਿਗੁਰੂ ਦੇ ਉਪਦੇਸ਼ ਦੀ ਬਰਕਤਿ ਨਾਲ ਮਨੁੱਖ ਪਰਾਈ ਆਸ ਤਿਆਗਦਾ ਹੈ; ਗੁਰੂ ਦੀ ਬਾਣੀ ਦੀ ਰਾਹੀਂ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰ ਕੇ ਮਨੁੱਖ ਦੇ ਸਾਰੇ ਦੁੱਖ ਦੂਰ ਹੋ ਜਾਂਦੇ ਹਨ, ਕਿਉਂਕਿ ਇਸ ਦੇ ਅੰਦਰ ਇਕ ਪਰਮਾਤਮਾ ਦੀ ਯਾਦ ਦੀ ਤਾਂਘ ਵਧ ਜਾਂਦੀ ਹੈ ।

(੭) ਸਤਿਗੁਰੂ ਦੀ ਅਗਵਾਈ ਵਿਚ ਜਿਉਂ ਜਿਉਂ ਮਨੁੱਖ ਪ੍ਰਭੂ ਦਾ ਨਾਮ ਸਿਮਰਦਾ ਹੈ, ਇਸ ਦੇ ਅੰਦਰੋਂ ਹਉਮੈ ਦੂਰ ਹੁੰਦੀ ਹੈ, ਅਉਗਣ ਮਿਟਦੇ ਹਨ ਤੇ ਜੀਵਨ ਦਾ ਆਸਰਾ ਪਰਮਾਤਮਾ ਨੇੜੇ ਅੰਗ-ਸੰਗ ਦਿੱਸਣ ਲੱਗ ਪੈਂਦਾ ਹੈ ।

(੮) ਪਰਮਾਤਮਾ ਇਹਨਾਂ ਅੱਖਾਂ ਨਾਲ ਦਿੱਸਦਾ ਨਹੀਂ; ਪਰ ਸਤਿਗੁਰੂ ਮਨੁੱਖ ਨੂੰ ਉਸ ਦੇ ਗੁਣ ਸੁਣਾ ਸੁਣਾ ਕੇ ਇਹ ਦ੍ਰਿੜ੍ਹ ਕਰਾ ਦੇਂਦਾ ਹੈ ਕਿ ਉਹ ਸਭ ਜੀਵਾਂ ਦਾ ਮਾਲਕ ਹਰੇਕ ਦੇ ਦਿਲ ਦੀ ਜਾਣਦਾ ਹੈ ਤੇ ਸਭ ਕੁਝ ਕਰਨ ਦੇ ਸਮਰੱਥ ਹੈ; ਇਸ ਤਰ੍ਹਾਂ ਗੁਰੂ ਮਨੁੱਖ ਦੇ ਮਨ ਵਿਚ ਪਰਮਾਤਮਾ ਦੇ ਅੰਗ-ਸੰਗ ਹੋਣ ਦਾ ਵਿਸ਼ਵਾਸ ਪੈਦਾ ਕਰ ਦੇਂਦਾ ਹੈ ।

(੯) ਸਤਿਗੁਰੂ ਦਾ ਮਨ ਪਵਿਤ੍ਰ ਹੁੰਦਾ ਹੈ, ਗੁਰੂ ਸ਼ਾਹਾਂ ਦਾ ਸ਼ਾਹ ਹੈ ਜਿਸ ਪਾਸ ਪ੍ਰਭੂ ਦੇ ਨਾਮ ਦਾ ਖ਼ਜ਼ਾਨਾ ਹੈ; ਗੁਰੂ ਦੇ ਅੰਦਰ ਬਿਬੇਕ ਵਾਲੀ ਮਤਿ ਹੋਣ ਕਰਕੇ, ਉਸ ਨੂੰ ਹਰ ਥਾਂ ਪਰਮਾਤਮਾ ਹੀ ਪਰਮਾਤਮਾ ਦਿੱਸਦਾ ਹੈ ।

(੧੦) ਲੋੜਾਂ ਦਾ ਮਾਰਿਆ ਹੋਇਆ ਮਨੁੱਖ ਬੰਦਿਆਂ ਦੇ ਦਰ ਤੇ ਜਾ ਕੇ ਹੌਲਾ ਪੈਂਦਾ ਹੈ; ਪਰ, ਸਭ ਜੀਵਾਂ ਦਾ ਇੱਕ ਪਰਮਾਤਮਾ ਹੀ ਹੈ; ਜੋ ਮਨੁੱਖ ਉਸ ਦੇ ਦਰ ਤੇ ਸਵਾਲੀ ਹੁੰਦਾ ਹੈ, ਉਸ ਦੀ ਮੁਰਾਦ ਭੀ ਪੂਰੀ ਹੁੰਦੀ ਹੈ ਤੇ ਪ੍ਰਭੂ ਦਾ ਨਾਮ ਸਿਮਰਨ ਦੀ ਬਰਕਤਿ ਨਾਲ ਉਸ ਦੀ ਮਾਇਆ ਵਾਲੀ ਭੁੱਖ ਹੀ ਮਿਟ ਜਾਂਦੀ ਹੈ ।

(੧੧) ਇਹ 'ਨਾਮ' ਸਤਿਗੁਰੂ ਪਾਸੋਂ ਹੀ ਮਿਲਦਾ ਹੈ; ਗੁਰੂ ਨਾਮ ਦਾ, ਮਾਨੋ, ਖ਼ਜ਼ਾਨਾ ਹੈ, ਭਾਗਾਂ ਵਾਲੇ ਮਨੁੱਖ ਗੁਰੂ ਨਾਲ ਇਸ ਪਦਾਰਥ ਦੀ ਭਿਆਲੀ ਪਾਂਦੇ ਹਨ, 'ਨਾਮ' ਦਾ ਵਪਾਰ ਕਰਦੇ ਹਨ ਤੇ ਜੱਗ ਤੋਂ ਅਸਲ ਲਾਭ ਖੱਟ ਕੇ ਜਾਂਦੇ ਹਨ ।

(੧੨) ਗੁਰੂ ਜਿਸ ਮਨੁੱਖ ਦੇ ਹਿਰਦੇ ਵਿਚ 'ਨਾਮ' ਦ੍ਰਿੜ੍ਹ ਕਰਦਾ ਹੈ, ਉਸ ਦੇ ਅੰਦਰੋਂ ਹਉਮੈ ਤੇ ਦੁਬਿਧਾ ਨਿਕਲ ਜਾਂਦੀ ਹੈ ਉਸ ਦਾ ਮਨ ਪ੍ਰੇਮ ਦੀ ਰੰਗਣ ਨਾਲ ਰੰਗਿਆ ਜਾਂਦਾ ਹੈ । ਉਸ ਨੂੰ ਯਕੀਨ ਆ ਜਾਂਦਾ ਹੈ ਕਿ ਜਗਤ ਵਿਚ ਅਸਲ ਸੰਗੀ ਪ੍ਰਭੂ ਦਾ ਨਾਮ ਹੀ ਹੈ ।

(੧੩) ਪਿਛਲੇ ਸਮਿਆਂ ਦੇ ਮਹਾਂਪੁਰਖ ਵੱਲ ਹੀ ਵੇਖ ਲਓ; ਪ੍ਰਹਿਲਾਦ, ਜਨਕ, ਵਸ਼ਿਸ਼ਟ ਆਦਿਕ ਸਭ ਨੂੰ ਗੁਰੂ ਦੀ ਸ਼ਰਨ ਪਿਆਂ ਹੀ ਨਾਮ ਸਿਮਰਨ ਦੀ ਦਾਤਿ ਮਿਲੀ; ਗੁਰੂ ਤੋਂ ਬਿਨਾ ਕਿਸੇ ਨੂੰ ਨਹੀਂ ਮਿਲੀ ।

(੧੪) ਜਿਸ ਮਨੁੱਖ ਦੇ ਮਨ ਵਿਚ ਪ੍ਰਭੂ ਦਾ ਨਾਮ ਵੱਸ ਪਏ, ਸਾਰਾ ਜਗਤ ਉਸ ਦੇ ਅੱਗੇ ਨਿਊਂਦਾ ਹੈ; ਉਸ ਮਨੁੱਖ ਨੂੰ ਜਗਤ ਵਿਚ ਕਿਸੇ ਦੀ ਮੁਥਾਜੀ ਨਹੀਂ ਰਹਿੰਦੀ; ਪਰ ਇਹ ਬਰਕਤਿ ਪ੍ਰਭੂ ਦੀ ਮੇਹਰ ਨਾਲ ਉਸ ਨੂੰ ਹੀ ਨਸੀਬ ਹੁੰਦੀ ਹੈ ਜੋ ਗੁਰੂ ਦੀ ਸ਼ਰਨ ਪਏ ।

(੧੫) ਬੰਦਗੀ ਕਰਨ ਨਾਲ ਮਨੁੱਖ ਇਸ ਸਰਧਾ ਤੇ ਆ ਟਿਕਦਾ ਹੈ ਕਿ ਅਸਲ ਅੰਗ ਸਾਕ ਪਰਮਾਤਮਾ ਹੀ ਹੈ, ਦੁਖ ਸੁਖ ਵੇਲੇ ਅਸਲ ਸਲਾਹਕਾਰ ਤੇ ਸਾਥੀ ਉਸ ਦਾ ਨਾਮ ਹੀ ਹੈ । ਸਿੱਟਾ ਇਹ ਨਿਕਲਦਾ ਹੈ ਕਿ ਜਿਤਨਾ ਚਿਰ ਏਥੇ ਜੀਊਂਦਾ ਹੈ ਮਨੁੱਖ ਵਿਕਾਰਾਂ ਤੋਂ ਬਚਿਆ ਰਹਿੰਦਾ ਹੈ, ਤੇ ਏਥੋਂ ਤੁਰਨ ਲੱਗਿਆਂ ਭੀ ਵਿਕਾਰਾਂ ਦੀ ਕੋਈ ਪੰਡ ਲੈ ਕੇ ਨਹੀਂ ਤੁਰਦਾ ।

(੧੬) ਬੰਦਗੀ ਵਾਲੇ ਨੂੰ ਪ੍ਰਭੂ ਦਾ ਨਾਮ ਹੀ ਹਰ ਥਾਂ ਰਾਖਾ ਦਿੱਸਦਾ ਹੈ, ਜਗਤ ਤੋਂ ਤੁਰਨ ਲੱਗਿਆਂ ਭੀ 'ਨਾਮ' ਹੀ ਉਸ ਨੂੰ ਮਾਇਆ ਦੀ ਜੇਵੜੀ ਤੋਂ ਛਡਾਂਦਾ ਹੈ; ਪਰ ਇਸ ਹਰੀ-ਨਾਮ ਦੀ ਸਮਝ ਸਤਿਗੁਰੂ ਪਰਉਪਕਾਰੀ ਤੋਂ ਹੀ ਪੈਂਦੀ ਹੈ ।

(੧੭) ਜਗਤ ਵਿਚ ਕੋਈ ਤਾਂ ਸੋਹਣੇ ਸੁਆਦਲੇ ਖਾਣੇ ਖਾਣ ਵਿਚ ਮਸਤ ਹੈ, ਕੋਈ ਸੋਹਣੇ ਕੱਪੜੇ ਪਹਿਨਣ ਵਿਚ ਮਗਨ ਹੈ, ਕੋਈ ਨਿਰਾ ਵਣਜ ਵਪਾਰ ਵਿਚ ਰੁੱਝਾ ਪਿਆ ਹੈ; ਪਰ, ਬੰਦਗੀ ਵਾਲੇ ਨੂੰ ਜੋ ਰਸ 'ਨਾਮ' ਵਿਚ ਹੈ, ਉਹ ਇਹਨਾਂ ਚੀਜ਼ਾਂ ਵਿਚ ਨਹੀਂ ਮਿਲਦਾ । ਹਾਂ, ਇਸ ਲਗਨ ਵਾਲਾ ਹੁੰਦਾ ਕੋਈ ਵਿਰਲਾ ਹੈ ਜਿਸ ਤੇ ਮੇਹਰ ਹੋਵੇ ਤੇ ਜੋ ਗੁਰੂ ਦੀ ਸ਼ਰਨ ਆਵੇ ।

(੧੮) ਉਹ ਮਨੁੱਖ ਭਾਗਾਂ ਵਾਲਾ ਹੈ ਜੋ ਗੁਰੂ ਦੀ ਸ਼ਰਨ ਪੈ ਕੇ ਗੁਰੂ ਦੀ ਰਜ਼ਾ ਵਿਚ ਤੁਰ ਕੇ ਪਰਮਾਤਮਾ ਦਾ ਨਾਮ ਸਿਮਰਦਾ ਹੈ, ਸਿਮਰਨ ਦੀ ਬਰਕਤ ਨਾਲ ਉਸ ਦੇ ਮਨ ਵਿਚ ਖ਼ੁਸ਼ੀ ਤੇ ਖਿੜਾਉ ਪੈਦਾ ਹੁੰਦਾ ਹੈ ।

(੧੯) ਸਤਿਗੁਰੂ ਦੀ ਸ਼ਰਨ ਪਿਆਂ ਮਨ ਵਿਚ ਸ਼ਾਂਤੀ ਪੈਦਾ ਹੁੰਦੀ ਹੈ, ਪਰਮਾਤਮਾ ਦੇ ਨਾਮ ਵਿਚ ਸੁਰਤਿ ਜੁੜਦੀ ਹੈ, ਤੇ ਵੈਰੀ ਨਾਲ ਭੀ ਮਿਤ੍ਰ-ਭਾਵਨਾ ਬਣ ਜਾਂਦੀ ਹੈ ।

(੨੦) ਜੋ ਮਨੁੱਖ ਪਰਮਾਤਮਾ ਦੇ ਨਾਮ ਨੂੰ ਜ਼ਿੰਦਗੀ ਦਾ ਆਸਰਾ ਬਣਾਂਦਾ ਹੈ, ਉਸ ਦੀਆਂ ਹੋਰ ਸਾਰੀਆਂ ਲਾਲਸਾ ਮਿਟ ਜਾਂਦੀਆਂ ਹਨ, ਉਸ ਨੂੰ ਹਰੇਕ ਜੀਵ ਵਿਚ ਪ੍ਰਭੂ ਹੀ ਵੱਸਦਾ ਦਿੱਸਦਾ ਹੈ ।

(੨੧) ਜੋ ਮਨੁੱਖ ਗੁਰੂ ਦੇ ਸਨਮੁਖ ਹੋ ਕੇ ਨਾਮ ਜਪਦਾ ਹੈ ਉਸ ਨੂੰ ਇਹ ਨਿਸ਼ਚਾ ਹੋ ਜਾਂਦਾ ਹੈ ਕਿ ਪਰਮਾਤਮਾ ਆਪ ਹੀ ਸਭ ਜੀਵਾਂ ਨੂੰ ਪੈਦਾ ਕਰਨ ਵਾਲਾ ਹੈ, ਹਰੇਕ ਵਿਚ ਮੌਜੂਦ ਹੈ, ਮਾਰਨ ਵਾਲਾ ਭੀ ਉਹ ਆਪ ਹੈ ਤੇ ਰੱਖਣ ਵਾਲਾ ਭੀ ਉਹ ਆਪ । ਇਸ ਸਰਧਾ ਨਾਲ ਜਿਉਂ ਜਿਉਂ ਉਹ ਸਿਮਰਨ ਕਰਦਾ ਹੈ, ਤਿਉਂ ਤਿਉਂ ਕੋਈ ਚਿੰਤਾ ਫ਼ਿਕਰ ਉਸ ਨੂੰ ਪੋਹ ਨਹੀਂ ਸਕਦਾ ।

ਸਮੁੱਚਾ ਭਾਵ:

(੧) (ਪਉੜੀ ਨੰ: ੧, ੨): ਪ੍ਰਭੂ ਹਰੇਕ ਜੀਵ ਵਿਚ ਮੌਜੂਦ ਹੈ, ਪਰ ਇਹ ਪ੍ਰਤੱਖ ਯਕੀਨ ਕੇਵਲ ਗੁਰੂ ਨੂੰ ਹੁੰਦਾ ਹੈ, ਇਸ ਵਾਸਤੇ ਪ੍ਰਭੂ ਦੀ ਬੰਦਗੀ ਦਾ ਖ਼ੈਰ ਗੁਰੂ ਪਾਸੋਂ ਹੀ ਮਿਲ ਸਕਦਾ ਹੈ ।

(੨) (ਪਉੜੀ ਨੰ ੩ ਤੋਂ ੧੩): ਗੁਰੂ ਦੀ ਸੰਗਤਿ ਵਿਚ ਰਹਿ ਕੇ ਜਿਉਂ ਜਿਉਂ ਮਨੁੱਖ ਪ੍ਰਭੂ ਦੀ ਯਾਦ ਵਿਚ ਜੁੜਦਾ ਹੈ ਤਿਉਂ ਤਿਉਂ ਇਸ ਦੇ ਅੰਦਰੋਂ ਮੋਹ ਦਾ ਹਨੇਰਾ, ਮਾਇਆ ਦੀ ਤ੍ਰਿਸ਼ਨਾ ਤੇ ਹਉਮੈ ਮਿਟ ਜਾਂਦੀ ਹੈ, ਪ੍ਰਭੂ ਅੰਗ-ਸੰਗ ਦਿੱਸਣ ਲੱਗ ਪੈਂਦਾ ਹੈ, ਇਹ ਯਕੀਨ ਬਣਦਾ ਜਾਂਦਾ ਹੈ ਕਿ ਜਗਤ ਵਿਚ ਅਸਲ ਸੰਗੀ ਹਰਿ-ਨਾਮ ਹੀ ਹੈ । ਪਿਛਲੇ ਮਹਾਂ ਪੁਰਖ ਪ੍ਰਹਿਲਾਦ, ਜਨਕ, ਵਸ਼ਿਸ਼ਟ ਆਦਿਕ ਵਲ ਭੀ

ਵੇਖ ਲਉ, ਗੁਰੂ ਤੋਂ ਬਿਨਾ ਕਿਸੇ ਨੂੰ ਪ੍ਰਾਪਤੀ ਨਹੀਂ ਹੋਈ ।

(੩) (ਪਉੜੀ ਨੰ: ੧੪ ਤੋਂ ੨੧): ਗੁਰੂ-ਸਰਨ ਆ ਕੇ ਨਾਮ ਜਪਿਆਂ ਕਿਸੇ ਦੀ ਮੁਥਾਜੀ ਨਹੀਂ ਰਹਿੰਦੀ, ਅਸਲ ਅੰਗ-ਸਾਕ ਪ੍ਰਭੂ ਹੀ ਜਾਪਦਾ ਹੈ, ਉਹੀ ਹਰ ਥਾਂ ਰਾਖਾ ਦਿੱਸਦਾ ਹੈ, ਨਾਮ-ਰਸ ਜਗਤ ਦੇ ਰਸਾਂ ਨਾਲੋਂ ਮਿੱਠਾ ਲੱਗਦਾ ਹੈ ਹਰ ਵੇਲੇ ਮਨ ਖਿੜਿਆ ਰਹਿੰਦਾ ਹੈ, ਮਿਤ੍ਰ ਵੈਰੀ ਇਕ-ਸਮਾਨ ਜਾਪਦੇ ਹਨ, ਹਰੇਕ ਜੀਵ ਵਿਚ ਰੱਬ ਹੀ ਦਿੱਸਦਾ ਹੈ, ਮਾਰਨ ਵਾਲਾ ਭੀ ਉਹੀ ਤੇ ਜਿਵਾਲਣ ਵਾਲਾ ਭੀ ਉਹੀ ਨਜ਼ਰੀਂ ਆਉਂਦਾ ਹੈ, ਇਸ ਵਾਸਤੇ ਜਗਤ ਦਾ ਕੋਈ ਡਰ ਪੋਹ ਨਹੀਂ ਸਕਦਾ ।

ਮੁੱਖ ਭਾਵ:

ਕੇਵਲ ਗੁਰੂ ਦੀ ਸ਼ਰਨ ਪਿਆਂ ਹੀ ਮਨੁੱਖ ਸਰਬ-ਵਿਆਪਕ ਪ੍ਰਭੂ ਦੀ ਬੰਦਗੀ ਕਰ ਸਕਦਾ ਹੈ, ਗੁਰੂ ਤੋਂ ਬਿਨਾ ਪ੍ਰਾਪਤੀ ਨਹੀਂ ਹੋ ਸਕਦੀ ।

ਵਡਹੰਸ ਕੀ ਵਾਰ ਮਹਲਾ ੪ {ਪੰਨਾ ੫੮੫}

ਵਡਹੰਸ ਕੀ ਵਾਰ ਮਹਲਾ ੪ ਲਲਾਂ ਬਹਲੀਮਾ ਕੀ ਧੁਨਿ ਗਾਵਣੀ

ਲਲਾਂ ਤੇ ਬਹਲੀਮਾ ਦੋ ਛੋਟੇ ਛੋਟੇ ਰਾਜਪੂਤ ਰਾਜੇ ਸਨ, ਕਾਂਗੜੇ ਦੇ ਇਲਾਕੇ ਵਿਚ । ਇਕ ਵਾਰੀ ਲਲਾਂ ਦੇ ਇਲਾਕੇ ਵਿਚ ਔੜ ਲੱਗ ਗਈ, ਉਸ ਨੇ ਆਪਣੀ ਪੈਦਾਵਾਰ ਦਾ ਛੇਵਾਂ ਹਿੱਸਾ ਦੇਣ ਦਾ ਇਕਰਾਰ ਕਰ ਕੇ ਬਹਲੀਮਾ ਦੀ ਨਹਿਰ ਤੋਂ ਪਾਣੀ ਲਿਆ । ਫ਼ਸਲ ਦਾ ਵੇਲਾ ਆਇਆ ਤਾਂ ਇਸ ਨੇ ਇਕਰਾਰ ਪੂਰਾ ਨਾ ਕੀਤਾ । ਦੋਹਾਂ ਵਿਚ ਲੜਾਈ ਹੋ ਪਈ ਪਰ ਬਹਲੀਮਾ ਜਿੱਤ ਗਿਆ । ਇਸ ਲੜਾਈ ਦਾ ਹਾਲ ਕਿਸੇ ਢਾਢੀ ਨੇ 'ਵਾਰ' ਵਿਚ ਗਾਂਵਿਆਂ, ਜਿਸ ਦਾ ਨਮੂਨਾ ਇਉਂ ਹੈ:-

ਕਾਲ ਲਲਾਂ ਦੇ ਦੇਸ਼ ਦਾ ਖੋਇਆ ਬਹਿਲੀਮਾ ॥
ਹਿੱਸਾ ਛਟਾ ਮਨਾਇ ਕੈ ਜਲੁ ਨਹਰੋਂ ਦੀਨਾ ॥
ਫਿਰਾਉਨ ਹੋਇ ਲਲਾਂ ਨੇ ਰਣ ਮੰਡਿਆ ਧੀਮਾ ॥
ਭੇੜ ਦੁਹੁ ਦਿਸ ਮੱਚਿਆ ਸੱਟ ਪਈ ਅਜੀਮਾ ॥
ਸਿਰ ਧੜ ਡਿੱਗੇ ਖੇਤ ਵਿਚ ਜਿਉ ਵਾਹਣ ਢੀਮਾ ॥
ਦੇਖਿ ਮਾਰੇ ਲਲਾਂ ਬਹਲੀਮ ਨੇ ਰਣ ਮਹਿ ਬਰਛੀਮਾ ॥

ਸਤਿਗੁਰੂ ਜੀ ਨੇ ਆਗਿਆ ਕੀਤੀ ਹੈ ਕਿ ਇਸ ਵਾਰ ਦੀ ਸੁਰ ਤੇ ਗੁਰੂ ਰਾਮਦਾਸ ਜੀ ਦੀ ਇਹ ਵਡਹੰਸ ਦੀ ਵਾਰ ਗਾਉਣੀ ਹੈ ।

ੴ ਸਤਿਗੁਰ ਪ੍ਰਸਾਦਿ ॥ ਸਲੋਕ ਮਃ ੩ ॥ ਸਬਦਿ ਰਤੇ ਵਡ ਹੰਸ ਹੈ ਸਚੁ ਨਾਮੁ ਉਰਿ ਧਾਰਿ ॥ ਸਚੁ ਸੰਗ੍ਰਹਹਿ ਸਦ ਸਚਿ ਰਹਹਿ ਸਚੈ ਨਾਮਿ ਪਿਆਰਿ ॥ ਸਦਾ ਨਿਰਮਲ ਮੈਲੁ ਨ ਲਗਈ ਨਦਰਿ ਕੀਤੀ ਕਰਤਾਰਿ ॥ ਨਾਨਕ ਹਉ ਤਿਨ ਕੈ ਬਲਿਹਾਰਣੈ ਜੋ ਅਨਦਿਨੁ ਜਪਹਿ ਮੁਰਾਰਿ ॥੧॥ {ਪੰਨਾ 585}

ਪਦਅਰਥ:- ਵਡਹੰਸ—ਵੱਡੇ ਹੰਸ, ਵੱਡੇ ਬਿਬੇਕੀ । ਉਰਿ—ਹਿਰਦੇ ਵਿਚ । ਸੰਗ੍ਰਹਹਿ—ਇਕੱਠਾ ਕਰਦੇ ਹਨ । ਸਚਿ—ਸੱਚ ਵਿਚ । ਪਿਆਰਿ—ਪਿਆਰ ਦੇ ਕਾਰਨ । ਕਰਤਾਰਿ—ਕਰਤਾਰ ਨੇ ।

ਮੁਰਾਰਿ—ਪਰਮਾਤਮਾ ।

ਅਰਥ:- ਜੋ ਮਨੁੱਖ ਸੱਚੇ ਨਾਮ ਨੂੰ ਹਿਰਦੇ ਵਿਚ ਪਰੋ ਕੇ ਸਤਿਗੁਰੂ ਦੇ ਸ਼ਬਦ ਵਿਚ ਰੱਤੇ ਹੋਏ ਹਨ, ਉਹ ਵੱਡੇ ਬਿਬੇਕੀ (ਸੰਤ) ਹਨ; ਉਹ ਸੱਚਾ ਨਾਮ (ਰੂਪ ਧਨ) ਇਕੱਠਾ ਕਰਦੇ ਹਨ, ਤੇ ਸੱਚੇ ਨਾਮ ਵਿਚ ਪਿਆਰ ਦੇ ਕਾਰਨ ਸੱਚ ਵਿਚ ਹੀ ਲੀਨ ਰਹਿੰਦੇ ਹਨ; ਕਰਤਾਰ ਨੇ ਉਹਨਾਂ ਉਤੇ ਮੇਹਰ ਦੀ ਨਜ਼ਰ ਕੀਤੀ ਹੋਈ ਹੈ; (ਇਸ ਕਰਕੇ) ਉਹ ਸਦਾ ਪਵਿਤ੍ਰ ਹਨ ਉਹਨਾਂ ਨੂੰ (ਵਿਕਾਰਾਂ ਦੀ) ਮੈਲ ਨਹੀਂ ਲੱਗਦੀ । ਹੇ ਨਾਨਕ! (ਆਖ—) ਜੋ ਮਨੁੱਖ ਹਰ ਵੇਲੇ ਪ੍ਰਭੂ ਨੂੰ ਸਿਮਰਦੇ ਹਨ, ਮੈਂ ਉਹਨਾਂ ਤੋਂ ਸਦਕੇ ਹਾਂ ।੧।

ਮਃ ੩ ॥ ਮੈ ਜਾਨਿਆ ਵਡ ਹੰਸੁ ਹੈ ਤਾ ਮੈ ਕੀਆ ਸੰਗੁ ॥ ਜੇ ਜਾਣਾ ਬਗੁ ਬਪੁੜਾ ਤ ਜਨਮਿ ਨ ਦੇਦੀ ਅੰਗੁ ॥੨॥ {ਪੰਨਾ 585}

ਪਦਅਰਥ:- ਬਗੁ—ਬਗੁਲਾ, ਪਖੰਡੀ ਮਨੁੱਖ । ਜਨਮਿ—ਜਨਮ ਤੋਂ ਹੀ, ਮੁੱਢ ਤੋਂ ਹੀ । ਅੰਗੁ ਨ ਦੇਦੀ—ਪਾਸ ਨਾ ਬੈਠਦੀ ।

ਅਰਥ:- ਮੈਂ ਸਮਝਿਆ ਸੀ ਕਿ ਇਹ ਕੋਈ ਵੱਡਾ ਸੰਤ ਹੈ, ਇਸ ਵਾਸਤੇ ਮੈਂ ਇਸ ਨਾਲ ਸਾਥ ਕੀਤਾ ਸੀ; ਜੇ ਮੈਨੂੰ ਪਤਾ ਹੁੰਦਾ ਕਿ ਇਹ ਵਿਚਾਰਾ ਪਖੰਡੀ ਮਨੁੱਖ ਹੈ ਤਾਂ ਮੈਂ ਮੁੱਢ ਤੋਂ ਹੀ ਇਸ ਦੇ ਪਾਸ ਨਾਹ ਬੈਠਦੀ ।੨।

ਮਃ ੩ ॥ ਹੰਸਾ ਵੇਖਿ ਤਰੰਦਿਆ ਬਗਾਂ ਭਿ ਆਯਾ ਚਾਉ ॥ ਡੁਬਿ ਮੁਏ ਬਗ ਬਪੁੜੇ ਸਿਰੁ ਤਲਿ ਉਪਰਿ ਪਾਉ ॥੩॥ {ਪੰਨਾ 585}

ਪਦਅਰਥ:- ਤਲਿ—ਹੇਠਾਂ । ਸਿਰੁ ਤਲਿ, ਉਪਰਿ ਪਾਉ—ਸਿਰ ਹੇਠਾਂ ਤੇ ਪੈਰ ਉਤਾਂਹ ਨੂੰ, ਸਿਰ-ਪਰਨੇ ਹੋ ਕੇ ।

ਅਰਥ:- ਹੰਸਾਂ ਨੂੰ ਤਰਦਿਆਂ ਵੇਖ ਕੇ ਬਗਲਿਆਂ ਨੂੰ ਭੀ ਚਾਅ ਕੁੱਦਿਆ, ਪਰ ਬਗਲੇ ਵਿਚਾਰੇ ਸਿਰ-ਪਰਨੇ ਹੋ ਕੇ ਡੁੱਬ ਕੇ ਮਰ ਗਏ ।੩।

ਪਉੜੀ ॥ ਤੂ ਆਪੇ ਹੀ ਆਪਿ ਆਪਿ ਹੈ ਆਪਿ ਕਾਰਣੁ ਕੀਆ ॥ ਤੂ ਆਪੇ ਆਪਿ ਨਿਰੰਕਾਰੁ ਹੈ ਕੋ ਅਵਰੁ ਨ ਬੀਆ ॥ ਤੂ ਕਰਣ ਕਾਰਣ ਸਮਰਥੁ ਹੈ ਤੂ ਕਰਹਿ ਸੁ ਥੀਆ ॥ ਤੂ ਅਣਮੰਗਿਆ ਦਾਨੁ ਦੇਵਣਾ ਸਭਨਾਹਾ ਜੀਆ ॥ ਸਭਿ ਆਖਹੁ ਸਤਿਗੁਰੁ ਵਾਹੁ ਵਾਹੁ ਜਿਨਿ ਦਾਨੁ ਹਰਿ ਨਾਮੁ ਮੁਖਿ ਦੀਆ ॥੧॥ {ਪੰਨਾ 585}

ਪਦਅਰਥ:- ਕਾਰਣੁ—ਮੁੱਢ । ਨਿਰੰਕਾਰੁ—ਨਿਰ-ਗੁਣ ਰੂਪ, ਜਿਸ ਦਾ ਕੋਈ ਖ਼ਾਸ ਸਰੂਪ ਨਹੀਂ । ਬੀਆ—ਦੂਜਾ । ਵਾਹੁ ਵਾਹੁ—ਧੰਨ ।

ਅਰਥ:- ਹੇ ਪ੍ਰਭੂ! ਸੰਸਾਰ ਦਾ ਮੁੱਢ ਤੂੰ ਆਪ ਹੀ ਬਣਾਇਆ, (ਕਿਉਂਕਿ ਇਸ ਤੋਂ ਪਹਿਲਾਂ ਦਾ ਭੀ) ਤੂੰ ਆਪ ਹੀ ਹੈਂ, ਤੂੰ ਆਪ ਹੀ ਹੈਂ; ਤੇਰਾ ਕੋਈ ਖ਼ਾਸ ਸਰੂਪ ਨਹੀਂ ਹੈ (ਜੋ ਮੈਂ ਬਿਆਨ ਕਰ ਸਕਾਂ), ਤੇਰੇ ਵਰਗਾ ਕੋਈ ਦੂਜਾ ਨਹੀਂ ਹੈ । ਸ੍ਰਿਸ਼ਟੀ ਦੀ ਉਤਪੱਤੀ ਕਰਨ ਦੇ ਤੂੰ ਹੀ ਸਮਰੱਥ ਹੈਂ, ਜੋ ਕੁਝ ਤੂੰ ਕਰਦਾ ਹੈਂ ਉਹੀ ਹੁੰਦਾ ਹੈ; ਤੂੰ ਸਾਰੇ ਜੀਵਾਂ ਨੂੰ (ਉਹਨਾਂ ਦੇ) ਮੰਗਣ ਤੋਂ ਬਿਨਾ ਹੀ ਸਭ ਦਾਤਾਂ ਦੇ ਰਿਹਾ ਹੈਂ ।

(ਹੇ ਭਾਈ!) ਸਾਰੇ ਆਖਹੁ—ਸਤਿਗੁਰੂ (ਭੀ) ਧੰਨ ਹੈ ਜਿਸ ਨੇ (ਇਹੋ ਜਿਹੇ) ਪ੍ਰਭੂ ਦੀ ਨਾਮ-ਰੂਪ ਦਾਤਿ

(ਅਸਾਡੇ) ਮੂੰਹ ਵਿਚ ਪਾਈ ਹੈ (ਭਾਵ, ਅਸਾਨੂੰ ਨਾਮ ਦੀ ਦਾਤਿ ਬਖ਼ਸ਼ੀ ਹੈ) ।੧।

ਸਲੋਕੁ ਮਃ ੩ ॥ ਭੈ ਵਿਚਿ ਸਭੁ ਆਕਾਰੁ ਹੈ ਨਿਰਭਉ ਹਰਿ ਜੀਉ ਸੋਇ ॥ ਸਤਿਗੁਰਿ ਸੇਵਿਐ ਹਰਿ ਮਨਿ ਵਸੈ ਤਿਥੈ ਭਉ ਕਦੇ ਨ ਹੋਇ ॥ ਦੁਸਮਨੁ ਦੁਖੁ ਤਿਸ ਨੋ ਨੇੜਿ ਨ ਆਵੈ ਪੋਹਿ ਨ ਸਕੈ ਕੋਇ ॥ ਗੁਰਮੁਖਿ ਮਨਿ ਵੀਚਾਰਿਆ ਜੋ ਤਿਸੁ ਭਾਵੈ ਸੁ ਹੋਇ ॥ ਨਾਨਕ ਆਪੇ ਹੀ ਪਤਿ ਰਖਸੀ ਕਾਰਜ ਸਵਾਰੇ ਸੋਇ ॥੧॥ {ਪੰਨਾ 586}

ਪਦਅਰਥ:- ਸਤਿਗੁਰਿ ਸੇਵਿਐ—ਜੇ ਗੁਰੂ ਦੀ ਦੱਸੀ ਕਾਰ ਕਰੀਏ, ਜੇ ਗੁਰੂ ਦੇ ਦੱਸੇ ਹੋਏ ਰਾਹ ਉਤੇ ਤੁਰੀਏ । ਗੁਰਮੁਖਿ—ਜੋ ਮਨੁੱਖ ਗੁਰੂ ਦੇ ਰਾਹ ਤੇ ਤੁਰਦਾ ਹੈ, ਗੁਰੂ ਦੇ ਸਨਮੁਖ ਮਨੁੱਖ । ਤਿਸੁ—ਉਸ ਪ੍ਰਭੂ ਨੂੰ ।

ਅਰਥ:- (ਜਗਤ ਦਾ) ਸਾਰਾ ਆਕਾਰ (ਭਾਵ, ਜਗਤ ਵਿਚ ਜੋ ਕੁਝ ਦਿੱਸ ਰਿਹਾ ਹੈ) ਡਰ ਦੇ ਅਧੀਨ ਹੈ, ਇਕ ਉਹ ਪਰਮਾਤਮਾ ਹੀ (ਜਿਸ ਨੇ ਇਹ ਜਗਤ ਬਣਾਇਆ ਹੈ) ਡਰ ਤੋਂ ਰਹਿਤ ਹੈ । ਜੇ ਗੁਰੂ ਦੇ ਦੱਸੇ ਹੋਏ ਰਾਹ ਉਤੇ ਤੁਰੀਏ ਤਾਂ (ਉਹ ਡਰ-ਰਹਿਤ) ਪ੍ਰਭੂ ਮਨ ਵਿਚ ਆ ਵੱਸਦਾ ਹੈ, (ਫਿਰ) ਉਸ ਮਨ ਵਿਚ ਕਦੇ (ਕੋਈ) ਡਰ ਨਹੀਂ ਵਿਆਪਦਾ, ਕੋਈ ਵੈਰੀ ਉਸ ਦੇ ਨੇੜੇ ਨਹੀਂ ਢੁੱਕਦਾ, ਕੋਈ ਦੁਖ ਉਸ ਨੂੰ ਪੋਹ ਨਹੀਂ ਸਕਦਾ ।

ਹੇ ਨਾਨਕ! ਗੁਰਮੁਖਾਂ ਦੇ ਮਨ ਵਿਚ ਇਹ ਵਿਚਾਰ ਉੱਠਦੀ ਹੈ ਕਿ ਜੋ ਕੁਝ ਪ੍ਰਭੂ ਨੂੰ ਚੰਗਾ ਲੱਗਦਾ ਹੈ ਉਹੀ ਹੁੰਦਾ ਹੈ; ਅਸਾਡੀ ਲਾਜ ਉਹ ਆਪ ਹੀ ਰੱਖੇਗਾ, (ਅਸਾਡੇ) ਕੰਮ ਉਹ ਆਪ ਹੀ ਸੰਵਾਰਦਾ ਹੈ ।੧।

ਮਃ ੩ ॥ ਇਕਿ ਸਜਣ ਚਲੇ ਇਕਿ ਚਲਿ ਗਏ ਰਹਦੇ ਭੀ ਫੁਨਿ ਜਾਹਿ ॥ ਜਿਨੀ ਸਤਿਗੁਰੁ ਨ ਸੇਵਿਓ ਸੇ ਆਇ ਗਏ ਪਛੁਤਾਹਿ ॥ ਨਾਨਕ ਸਚਿ ਰਤੇ ਸੇ ਨ ਵਿਛੁੜਹਿ ਸਤਿਗੁਰੁ ਸੇਵਿ ਸਮਾਹਿ ॥੨॥ {ਪੰਨਾ 586}

ਅਰਥ:- ਕੁਝ ਸੱਜਣ ਜਾਣ ਨੂੰ ਤਿਆਰ ਹਨ, ਕੁਝ ਕੂਚ ਕਰ ਗਏ ਹਨ, ਤੇ ਬਾਕੀ ਦੇ ਭੀ ਚਲੇ ਜਾਣਗੇ (ਭਾਵ, ਜਗਤ ਵਿਚ ਜੋ ਭੀ ਆਇਆ ਹੈ ਉਹ ਇਥੇ ਸਦਾ ਨਹੀਂ ਰਹਿ ਸਕਦਾ); ਪਰ ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਦੱਸੀ ਹੋਈ ਕਾਰ ਨਹੀਂ ਕੀਤੀ, ਉਹ (ਜਗਤ ਵਿਚ) ਆ ਕੇ ਇਥੋਂ ਪਛੁਤਾਉਂਦੇ ਚਲੇ ਜਾਂਦੇ ਹਨ । ਹੇ ਨਾਨਕ! ਜੋ ਮਨੁੱਖ ਸੱਚੇ ਨਾਮ ਵਿਚ ਰੰਗੇ ਹੋਏ ਹਨ ਉਹ (ਪਰਮਾਤਮਾ ਤੋਂ) ਨਹੀਂ ਵਿਛੜਦੇ, ਉਹ ਗੁਰੂ ਦੀ ਦੱਸੀ ਸੇਵਾ ਕਰ ਕੇ (ਪ੍ਰਭੂ ਵਿਚ) ਜੁੜੇ ਰਹਿੰਦੇ ਹਨ ।੨।

ਪਉੜੀ ॥ ਤਿਸੁ ਮਿਲੀਐ ਸਤਿਗੁਰ ਸਜਣੈ ਜਿਸੁ ਅੰਤਰਿ ਹਰਿ ਗੁਣਕਾਰੀ ॥ ਤਿਸੁ ਮਿਲੀਐ ਸਤਿਗੁਰ ਪ੍ਰੀਤਮੈ ਜਿਨਿ ਹੰਉਮੈ ਵਿਚਹੁ ਮਾਰੀ ॥ ਸੋ ਸਤਿਗੁਰੁ ਪੂਰਾ ਧਨੁ ਧੰਨੁ ਹੈ ਜਿਨਿ ਹਰਿ ਉਪਦੇਸੁ ਦੇ ਸਭ ਸ੍ਰਿਸ੍ਟਿ ਸਵਾਰੀ ॥ ਨਿਤ ਜਪਿਅਹੁ ਸੰਤਹੁ ਰਾਮ ਨਾਮੁ ਭਉਜਲ ਬਿਖੁ ਤਾਰੀ ॥ ਗੁਰਿ ਪੂਰੈ ਹਰਿ ਉਪਦੇਸਿਆ ਗੁਰ ਵਿਟੜਿਅਹੁ ਹੰਉ ਸਦ ਵਾਰੀ ॥੨॥ {ਪੰਨਾ 586}

ਪਦਅਰਥ:- ਭਉਜਲ—ਸੰਸਾਰ-ਸਮੁੰਦਰ । ਬਿਖੁ—ਜ਼ਹਿਰ । ਉਪਦੇਸਿਆ—ਨੇੜੇ ਵਿਖਾਇਆ ਹੈ {ਦਿਸ਼—ਹੱਥ ਆਦਿਕ ਦੇ ਇਸ਼ਾਰੇ ਨਾਲ ਵਿਖਾਉਣਾ । ਉਪ—ਨੇੜੇ । ਉਪਦਿਸ਼—ਨੇੜੇ ਵਿਖਾ ਦੇਣਾ}

।

ਅਰਥ:- ਉਸ ਪਿਆਰੇ ਗੁਰੂ ਨੂੰ ਮਿਲਣਾ ਚਾਹੀਦਾ ਹੈ, ਜਿਸ ਦੇ ਹਿਰਦੇ ਵਿਚ ਗੁਣਾਂ ਦਾ ਸੋਮਾ ਪਰਮਾਤਮਾ ਵੱਸ ਰਿਹਾ ਹੈ; ਉਸ ਪ੍ਰੀਤਮ ਸਤਿਗੁਰੂ ਦੀ ਸਰਨ ਪੈਣਾ ਚਾਹੀਦਾ ਹੈ, ਜਿਸ ਨੇ ਆਪਣੇ ਅੰਦਰੋਂ ਅਹੰਕਾਰ ਦੂਰ ਕਰ ਲਿਆ ਹੈ ।

"ਹੇ ਸੰਤ ਜਨੋਂ! ਸੰਸਾਰ-ਸਮੁੰਦਰ ਦੀ (ਮਾਇਆ-ਰੂਪ) ਜ਼ਹਿਰ ਤੋਂ ਪਾਰ ਲੰਘਾਉਣ ਵਾਲਾ ਹਰਿ-ਨਾਮ ਜਪੋ"—ਪ੍ਰਭੂ-ਸਿਮਰਨ ਦੀ ਇਹ ਸਿੱਖਿਆ ਦੇ ਕੇ ਜਿਸ ਸਤਿਗੁਰੂ ਨੇ ਸਾਰੀ ਸ੍ਰਿਸ਼ਟੀ ਨੂੰ ਸੋਹਣਾ ਬਣਾ ਦਿੱਤਾ ਹੈ, ਉਹ ਸਤਿਗੁਰੂ ਧੰਨ ਹੈ, ਉਹ ਗੁਰੂ ਧੰਨ ਹੈ । ਆਪਣੇ ਸਤਿਗੁਰੂ ਤੋਂ ਮੈਂ ਸਦਕੇ ਹਾਂ, ਪੂਰੇ ਸਤਿਗੁਰੂ ਨੇ ਮੈਨੂੰ ਪਰਮਾਤਮਾ ਨੇੜੇ ਵਿਖਾ ਦਿੱਤਾ ਹੈ ।੨।

ਸਲੋਕੁ ਮਃ ੩ ॥ ਸਤਿਗੁਰ ਕੀ ਸੇਵਾ ਚਾਕਰੀ ਸੁਖੀ ਹੂੰ ਸੁਖ ਸਾਰੁ ॥ ਐਥੈ ਮਿਲਨਿ ਵਡਿਆਈਆ ਦਰਗਹ ਮੋਖ ਦੁਆਰੁ ॥ ਸਚੀ ਕਾਰ ਕਮਾਵਣੀ ਸਚੁ ਪੈਨਣੁ ਸਚੁ ਨਾਮੁ ਅਧਾਰੁ ॥ ਸਚੀ ਸੰਗਤਿ ਸਚਿ ਮਿਲੈ ਸਚੈ ਨਾਇ ਪਿਆਰੁ ॥ ਸਚੈ ਸਬਦਿ ਹਰਖੁ ਸਦਾ ਦਰਿ ਸਚੈ ਸਚਿਆਰੁ ॥ ਨਾਨਕ ਸਤਿਗੁਰ ਕੀ ਸੇਵਾ ਸੋ ਕਰੈ ਜਿਸ ਨੋ ਨਦਰਿ ਕਰੈ ਕਰਤਾਰੁ ॥੧॥ {ਪੰਨਾ 586}

ਪਦਅਰਥ:- ਸਾਰੁ—ਤੱਤ, ਨਿਚੋੜ । ਸੁਖੀ ਹੂੰ ਸੁਖ—ਚੰਗੇ ਤੋਂ ਚੰਗੇ ਸੁਖ ਦਾ । ਐਥੈ—ਜਗਤ ਵਿਚ ।

ਅਰਥ:- ਗੁਰੂ ਦੀ ਦੱਸੀ ਸੇਵਾ ਚਾਕਰੀ ਕਰਨੀ ਚੰਗੇ ਤੋਂ ਚੰਗੇ ਸੁਖ ਦਾ ਤੱਤ ਹੈ (ਗੁਰੂ ਦੀ ਦੱਸੀ ਸੇਵਾ ਕੀਤਿਆਂ) ਜਗਤ ਵਿਚ ਆਦਰ ਮਿਲਦਾ ਹੈ, ਤੇ ਪ੍ਰਭੂ ਦੀ ਹਜ਼ੂਰੀ ਵਿਚ ਸੁਰਖ਼ਰੂਈ ਦਾ ਦਰਵਾਜ਼ਾ । (ਗੁਰ-ਸੇਵਾ ਦੀ ਇਹੀ) ਸੱਚੀ ਕਾਰ ਕਮਾਉਣ-ਜੋਗ ਹੈ, (ਇਸ ਨਾਲ) ਮਨੁੱਖ ਨੂੰ (ਪੜਦੇ ਕੱਜਣ ਲਈ) ਸੱਚਾ ਨਾਮ-ਰੂਪ ਪੁਸ਼ਾਕਾ ਮਿਲ ਜਾਂਦਾ ਹੈ, ਸੱਚਾ ਨਾਮ-ਰੂਪ ਆਸਰਾ ਮਿਲ ਜਾਂਦਾ ਹੈ, ਸੱਚੀ ਸੰਗਤਿ ਦੀ ਪ੍ਰਾਪਤੀ ਹੁੰਦੀ ਹੈ, ਸੱਚੇ ਨਾਮ ਵਿਚ ਪਿਆਰ ਪੈਂਦਾ ਹੈ ਤੇ ਸੱਚੇ ਪ੍ਰਭੂ ਵਿਚ ਸਮਾਈ ਹੋ ਜਾਂਦੀ ਹੈ ।

(ਗੁਰੂ ਦੇ) ਸੱਚੇ ਸ਼ਬਦ ਦੀ ਬਰਕਤਿ ਨਾਲ (ਮਨੁੱਖ ਦੇ ਮਨ ਵਿਚ) ਸਦਾ ਖ਼ੁਸ਼ੀ ਬਣੀ ਰਹਿੰਦੀ ਹੈ, ਤੇ ਪ੍ਰਭੂ ਦੀ ਹਜ਼ੂਰੀ ਵਿਚ ਮਨੁੱਖ ਸੁਰਖ਼-ਰੂ ਹੋ ਜਾਂਦਾ ਹੈ ।

ਪਰ, ਹੇ ਨਾਨਕ! ਸਤਿਗੁਰੂ ਦੀ ਦੱਸੀ ਹੋਈ ਕਾਰ ਉਹੀ ਮਨੁੱਖ ਕਰਦਾ ਹੈ, ਜਿਸ ਉਤੇ ਪ੍ਰਭੂ ਆਪ ਮੇਹਰ ਦੀ ਨਜ਼ਰ ਕਰਦਾ ਹੈ ।੧।

ਮਃ ੩ ॥ ਹੋਰ ਵਿਡਾਣੀ ਚਾਕਰੀ ਧ੍ਰਿਗੁ ਜੀਵਣੁ ਧ੍ਰਿਗੁ ਵਾਸੁ ॥ ਅੰਮ੍ਰਿਤੁ ਛੋਡਿ ਬਿਖੁ ਲਗੇ ਬਿਖੁ ਖਟਣਾ ਬਿਖੁ ਰਾਸਿ ॥ ਬਿਖੁ ਖਾਣਾ ਬਿਖੁ ਪੈਨਣਾ ਬਿਖੁ ਕੇ ਮੁਖਿ ਗਿਰਾਸ ॥ ਐਥੈ ਦੁਖੋ ਦੁਖੁ ਕਮਾਵਣਾ ਮੁਇਆ ਨਰਕਿ ਨਿਵਾਸੁ ॥ ਮਨਮੁਖ ਮੁਹਿ ਮੈਲੈ ਸਬਦੁ ਨ ਜਾਣਨੀ ਕਾਮ ਕਰੋਧਿ ਵਿਣਾਸੁ ॥ ਸਤਿਗੁਰ ਕਾ ਭਉ ਛੋਡਿਆ ਮਨਹਠਿ ਕੰਮੁ ਨ ਆਵੈ ਰਾਸਿ ॥ ਜਮ ਪੁਰਿ ਬਧੇ ਮਾਰੀਅਹਿ ਕੋ ਨ ਸੁਣੇ ਅਰਦਾਸਿ ॥ ਨਾਨਕ ਪੂਰਬਿ ਲਿਖਿਆ ਕਮਾਵਣਾ ਗੁਰਮੁਖਿ ਨਾਮਿ ਨਿਵਾਸੁ ॥੨॥ {ਪੰਨਾ 586}

ਅਰਥ:- (ਪ੍ਰਭੂ ਦੀ ਬੰਦਗੀ ਛੱਡ ਕੇ) ਹੋਰ ਬਿਗਾਨੀ ਕਾਰ (ਕਰਨ ਵਾਲਿਆਂ ਦਾ) ਜੀਊਣਾ ਤੇ ਵੱਸਣਾ ਫਿਟਕਾਰ-ਜੋਗ ਹੈ (ਕਿਉਂਕਿ) ਉਹ ਮਨੁੱਖ ਅੰਮ੍ਰਿਤ ਛੱਡ ਕੇ (ਮਾਇਆ-ਰੂਪ) ਜ਼ਹਿਰ (ਇਕੱਠਾ ਕਰਨ) ਵਿਚ ਲੱਗੇ ਹੋਏ ਹਨ, ਜ਼ਹਿਰ ਹੀ ਉਹਨਾਂ ਦੀ ਖੱਟੀ-ਕਮਾਈ ਹੈ ਤੇ ਜ਼ਹਿਰ ਹੀ ਉਹਨਾਂ ਦੀ ਪੂੰਜੀ ਹੈ, ਜ਼ਹਿਰ ਹੀ ਉਹਨਾਂ ਦੀ ਖ਼ੁਰਾਕ ਹੈ, ਜ਼ਹਿਰ ਹੀ ਉਹਨਾਂ ਦੀ ਪੁਸ਼ਾਕ ਹੈ ਤੇ ਜ਼ਹਿਰ ਦੀਆਂ ਹੀ ਉਹ ਮਨੁੱਖ ਮੂੰਹ ਵਿਚ ਗਿਰਾਹੀਆਂ ਪਾ ਰਹੇ ਹਨ; ਅਜੇਹੇ ਬੰਦੇ ਜਗਤ ਵਿਚ ਨਿਰਾ ਦੁੱਖ ਹੀ ਭੋਗਦੇ ਹਨ ਤੇ ਮੋਇਆਂ ਭੀ ਉਹਨਾਂ ਦਾ ਵਾਸ ਨਰਕ ਵਿਚ ਹੀ ਹੁੰਦਾ ਹੈ । ਮੂੰਹੋਂ ਮੈਲੇ ਹੋਣ ਕਰਕੇ ਮਨ ਦੇ ਪਿਛੇ ਤੁਰਨ ਵਾਲੇ ਮਨੁੱਖ ਗੁਰੂ ਦੇ ਸ਼ਬਦ ਨੂੰ ਨਹੀਂ ਪਛਾਣਦੇ, ਕਾਮ, ਕ੍ਰੋਧ ਆਦਿਕ ਵਿਚ ਉਹਨਾਂ ਦੀ (ਆਤਮਕ) ਮੌਤ ਹੋ ਜਾਂਦੀ ਹੈ; ਸਤਿਗੁਰੂ ਦਾ ਅਦਬ ਛੱਡ ਦੇਣ ਕਰ ਕੇ, ਮਨ ਦੇ ਹਠ ਨਾਲ ਕੀਤਾ ਹੋਇਆ ਉਹਨਾਂ ਦਾ ਕੋਈ ਕੰਮ ਸਿਰੇ ਨਹੀਂ ਚੜ੍ਹਦਾ; (ਇਸ ਵਾਸਤੇ) ਮਨਮੁਖ ਮਨੁੱਖ ਜਮ-ਪੁਰੀ ਵਿਚ ਬੱਧੇ ਮਾਰ ਖਾਂਦੇ ਹਨ, ਕੋਈ ਉਹਨਾਂ ਦੀ ਪੁਕਾਰ ਨਹੀਂ ਸੁਣਦਾ (ਭਾਵ, ਕੋਈ ਉਹਨਾਂ ਦੀ ਸਹਾਇਤਾ ਨਹੀਂ ਕਰ ਸਕਦਾ) ।

ਪਰ, ਹੇ ਨਾਨਕ! (ਇਹ ਕਿਸੇ ਦੇ ਵੱਸ ਦੀ ਗੱਲ ਨਹੀਂ) ਮੁੱਢ ਤੋਂ (ਕੀਤੇ ਕਰਮਾਂ-ਅਨੁਸਾਰ) ਲਿਖਿਆ ਲੇਖ ਜੀਵ ਕਮਾਉਂਦੇ ਹਨ (ਭਾਵ, ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ ਕਿਰਤ ਕਮਾਈ ਜਾਂਦੇ ਹਨ) (ਇਸੇ ਤਰ੍ਹਾਂ) ਗੁਰੂ ਦੇ ਸਨਮੁਖ ਰਹਿਣ ਵਾਲੇ ਬੰਦਿਆਂ ਦੀ ਸੁਰਤਿ ਨਾਮ ਵਿਚ ਜੁੜੀ ਰਹਿੰਦੀ ਹੈ ।੨।

ਪਉੜੀ ॥ ਸੋ ਸਤਿਗੁਰੁ ਸੇਵਿਹੁ ਸਾਧ ਜਨੁ ਜਿਨਿ ਹਰਿ ਹਰਿ ਨਾਮੁ ਦ੍ਰਿੜਾਇਆ ॥ ਸੋ ਸਤਿਗੁਰੁ ਪੂਜਹੁ ਦਿਨਸੁ ਰਾਤਿ ਜਿਨਿ ਜਗੰਨਾਥੁ ਜਗਦੀਸੁ ਜਪਾਇਆ ॥ ਸੋ ਸਤਿਗੁਰੁ ਦੇਖਹੁ ਇਕ ਨਿਮਖ ਨਿਮਖ ਜਿਨਿ ਹਰਿ ਕਾ ਹਰਿ ਪੰਥੁ ਬਤਾਇਆ ॥ ਤਿਸੁ ਸਤਿਗੁਰ ਕੀ ਸਭ ਪਗੀ ਪਵਹੁ ਜਿਨਿ ਮੋਹ ਅੰਧੇਰੁ ਚੁਕਾਇਆ ॥ ਸੋ ਸਤਗੁਰੁ ਕਹਹੁ ਸਭਿ ਧੰਨੁ ਧੰਨੁ ਜਿਨਿ ਹਰਿ ਭਗਤਿ ਭੰਡਾਰ ਲਹਾਇਆ ॥੩॥ {ਪੰਨਾ 586}

ਪਦਅਰਥ:- ਦ੍ਰਿੜਾਇਆ—ਪੱਕਾ ਕਰ ਦਿੱਤਾ ਹੈ । ਜਗਦੀਸੁ—ਜਗਤ ਦਾ ਮਾਲਕ {ਜਗਤ+ਈਸ} । ਨਿਮਖ—ਅੱਖ ਝਮਕਣ ਜਿਤਨਾ ਸਮਾ । ਨਿਮਖ ਨਿਮਖ—(ਭਾਵ,) ਹਰ ਵੇਲੇ । ਪੰਥੁ—ਰਸਤਾ । ਪਗੀ—ਪੈਰੀਂ । ਭੰਡਾਰ—ਖ਼ਜ਼ਾਨੇ ।

ਅਰਥ:- (ਹੇ ਭਾਈ!) ਜਿਸ ਸਤਿਗੁਰੂ ਨੇ ਪ੍ਰਭੂ ਦਾ ਨਾਮ (ਮਨੁੱਖ ਦੇ ਹਿਰਦੇ ਵਿਚ) ਪੱਕਾ ਕਰਾਇਆ ਹੈ, ਉਸ ਸਾਧ-ਗੁਰੂ ਦੀ ਸੇਵਾ ਕਰੋ, ਜਿਸ ਗੁਰੂ ਨੇ ਜਗਤ ਦੇ ਮਾਲਕ ਤੇ ਨਾਥ ਦਾ ਨਾਮ (ਜੀਵਾਂ ਤੋਂ) ਜਪਾਇਆ ਹੈ, ਉਸ ਦੀ ਦਿਨ ਰਾਤ ਪੂਜਾ ਕਰੋ । (ਹੇ ਭਾਈ!) ਜਿਸ ਗੁਰੂ ਨੇ ਪਰਮਾਤਮਾ (ਦੇ ਮਿਲਣ) ਦਾ ਰਾਹ ਦੱਸਿਆ ਹੈ, ਉਸ ਦਾ ਹਰ ਵੇਲੇ ਦਰਸ਼ਨ ਕਰੋ; ਜਿਸ ਸਤਿਗੁਰੂ ਨੇ (ਜੀਵਾਂ ਦੇ ਹਿਰਦੇ ਵਿਚੋਂ ਮਾਇਆ ਦੇ) ਮੋਹ ਦਾ ਹਨੇਰਾ ਦੂਰ ਕੀਤਾ ਹੈ, ਸਾਰੇ ਉਸ ਦੀ ਚਰਨੀਂ ਲੱਗੋ । (ਹੇ ਭਾਈ!) ਜਿਸ ਗੁਰੂ ਨੇ ਪ੍ਰਭੂ ਦੀ ਭਗਤੀ ਦੇ ਖ਼ਜ਼ਾਨੇ ਲਭਾ ਦਿੱਤੇ ਹਨ, ਆਖੋ—ਉਹ ਗੁਰੂ ਧੰਨ ਹੈ, ਉਹ ਗੁਰੂ ਧੰਨ ਹੈ ।੩।

ਸਲੋਕੁ ਮਃ ੩ ॥ ਸਤਿਗੁਰਿ ਮਿਲਿਐ ਭੁਖ ਗਈ ਭੇਖੀ ਭੁਖ ਨ ਜਾਇ ॥ ਦੁਖਿ ਲਗੈ ਘਰਿ ਘਰਿ ਫਿਰੈ ਅਗੈ ਦੂਣੀ ਮਿਲੈ ਸਜਾਇ ॥ ਅੰਦਰਿ ਸਹਜੁ ਨ ਆਇਓ ਸਹਜੇ ਹੀ ਲੈ ਖਾਇ ॥ ਮਨਹਠਿ ਜਿਸ ਤੇ ਮੰਗਣਾ ਲੈਣਾ ਦੁਖੁ ਮਨਾਇ ॥ ਇਸੁ ਭੇਖੈ ਥਾਵਹੁ ਗਿਰਹੋ ਭਲਾ ਜਿਥਹੁ ਕੋ

ਵਰਸਾਇ ॥ ਸਬਦਿ ਰਤੇ ਤਿਨਾ ਸੋਝੀ ਪਈ ਦੂਜੈ ਭਰਮਿ ਭੁਲਾਇ ॥ ਪਇਐ ਕਿਰਤਿ ਕਮਾਵਣਾ ਕਹਣਾ ਕਛੂ ਨ ਜਾਇ ॥ ਨਾਨਕ ਜੋ ਤਿਸੁ ਭਾਵਹਿ ਸੇ ਭਲੇ ਜਿਨ ਕੀ ਪਤਿ ਪਾਵਹਿ ਥਾਇ ॥੧॥ {ਪੰਨਾ 587}

ਪਦਅਰਥ:- ਭੇਖੀ—ਭੇਖ ਧਾਰਨ ਕੀਤਿਆਂ । ਅਗੈ—ਪਰਲੋਕ ਵਿਚ । ਸਹਜ—ਅਡੋਲਤਾ, ਸੰਤੋਖ । ਦੁਖੁ ਮਨਾਇ—ਦੁੱਖ ਪੈਦਾ ਕਰ ਕੇ । ਥਾਵਹੁ—ਨਾਲੋਂ । ਵਰਸਾਇ—ਕੰਮ ਸਵਾਰਦਾ ਹੈ । ਪਾਵਹਿ—ਤੂੰ ਪਾਉਂਦਾ ਹੈਂ ।

ਅਰਥ:- ਗੁਰੂ ਨੂੰ ਮਿਲਿਆਂ ਹੀ (ਮਨੁੱਖ ਦੇ ਮਨ ਦੀ) ਭੁੱਖ ਦੂਰ ਹੋ ਸਕਦੀ ਹੈ, ਭੇਖਾਂ ਨਾਲ ਤ੍ਰਿਸ਼ਨਾ ਨਹੀਂ ਜਾਂਦੀ; (ਭੇਖੀ ਸਾਧੂ ਤ੍ਰਿਸ਼ਨਾ ਦੇ) ਦੁੱਖ ਵਿਚ ਕਲਪਦਾ ਹੈ, ਘਰ ਘਰ ਭਟਕਦਾ ਫਿਰਦਾ ਹੈ, ਤੇ ਪਰਲੋਕ ਵਿਚ ਇਸ ਨਾਲੋਂ ਭੀ ਵਧੀਕ ਸਜ਼ਾ ਭੁਗਤਦਾ ਹੈ ।

ਭੇਖੀ ਸਾਧੂ ਦੇ ਮਨ ਵਿਚ ਸ਼ਾਂਤੀ ਨਹੀਂ ਆਉਂਦੀ, ਜਿਸ ਸ਼ਾਂਤੀ ਦੀ ਬਰਕਤਿ ਨਾਲ ਉਹ ਜੋ ਕੁਝ ਉਸ ਨੂੰ ਕਿਸੇ ਪਾਸੋਂ ਮਿਲੇ, ਲੈ ਕੇ ਖਾ ਲਏ (ਭਾਵ, ਤ੍ਰਿਪਤ ਹੋ ਜਾਏ); ਪਰ ਮਨ ਦੇ ਹਠ ਦੇ ਆਸਰੇ (ਭਿੱਖਿਆ) ਮੰਗਿਆਂ (ਦੋਹੀਂ ਧਿਰੀਂ) ਕਲੇਸ਼ ਪੈਦਾ ਕਰ ਕੇ ਹੀ ਭਿੱਖਿਆ ਲਈਦੀ ਹੈ । ਇਸ ਭੇਖ ਨਾਲੋਂ ਗ੍ਰਿਹਸਥ ਚੰਗਾ ਹੈ, ਕਿਉਂਕਿ ਇਥੋਂ ਮਨੁੱਖ ਆਪਣੀ ਆਸ ਪੂਰੀ ਕਰ ਸਕਦਾ ਹੈ ।

ਜੋ ਮਨੁੱਖ ਗੁਰੂ ਦੇ ਸ਼ਬਦ ਵਿਚ ਰੱਤੇ ਜਾਂਦੇ ਹਨ, ਉਹਨਾਂ ਨੂੰ ਉੱਚੀ ਸੂਝ ਪ੍ਰਾਪਤ ਹੁੰਦੀ ਹੈ; ਪਰ, ਜੋ ਮਨੁੱਖ ਮਾਇਆ ਵਿਚ ਫਸੇ ਰਹਿੰਦੇ ਹਨ, ਉਹ ਭਟਕਦੇ ਹਨ । (ਇਸ ਬਾਰੇ ਕਿ ਕੋਈ ਚੰਗੇ ਰਾਹ ਪਿਆ ਹੈ ਤੇ ਕੋਈ ਮੰਦੇ ਪਾਸੇ) ਕੁਝ ਆਖਿਆ ਨਹੀਂ ਜਾ ਸਕਦਾ, (ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ ਹੀ) ਕਾਰ ਕਮਾਉਣੀ ਪੈਂਦੀ ਹੈ ।

ਹੇ ਨਾਨਕ! ਜੋ ਜੀਵ ਉਸ ਪ੍ਰਭੂ ਨੂੰ ਪਿਆਰੇ ਲੱਗਦੇ ਹਨ, ਉਹੀ ਚੰਗੇ ਹਨ, ਕਿਉਂਕਿ, ਹੇ ਪ੍ਰਭੂ! ਤੂੰ ਉਹਨਾਂ ਦੀ ਇੱਜ਼ਤ ਥਾਂਇ ਪਾਉਂਦਾ ਹੈ (ਭਾਵ, ਲਾਜ ਰੱਖਦਾ ਹੈਂ) ।੧।

ਮਃ ੩ ॥ ਸਤਿਗੁਰਿ ਸੇਵਿਐ ਸਦਾ ਸੁਖੁ ਜਨਮ ਮਰਣ ਦੁਖੁ ਜਾਇ ॥ ਚਿੰਤਾ ਮੂਲਿ ਨ ਹੋਵਈ ਅਚਿੰਤੁ ਵਸੈ ਮਨਿ ਆਇ ॥ ਅੰਤਰਿ ਤੀਰਥੁ ਗਿਆਨੁ ਹੈ ਸਤਿਗੁਰਿ ਦੀਆ ਬੁਝਾਇ ॥ ਮੈਲੁ ਗਈ ਮਨੁ ਨਿਰਮਲੁ ਹੋਆ ਅੰਮ੍ਰਿਤ ਸਰਿ ਤੀਰਥਿ ਨਾਇ ॥ ਸਜਣ ਮਿਲੇ ਸਜਣਾ ਸਚੈ ਸਬਦਿ ਸੁਭਾਇ ॥ ਘਰ ਹੀ ਪਰਚਾ ਪਾਇਆ ਜੋਤੀ ਜੋਤਿ ਮਿਲਾਇ ॥ ਪਾਖੰਡਿ ਜਮਕਾਲੁ ਨ ਛੋਡਈ ਲੈ ਜਾਸੀ ਪਤਿ ਗਵਾਇ ॥ ਨਾਨਕ ਨਾਮਿ ਰਤੇ ਸੇ ਉਬਰੇ ਸਚੇ ਸਿਉ ਲਿਵ ਲਾਇ ॥੨॥ {ਪੰਨਾ 587}

ਪਦਅਰਥ:- ਜਨਮ ਮਰਣ ਦੁਖੁ—ਜੰਮਣ ਤੋਂ ਲੈ ਕੇ ਮਰਨ ਤਕ ਦਾ ਦੁੱਖ, ਸਾਰੀ ਉਮਰ ਦਾ ਦੁੱਖ, ਮੌਤ ਦਾ ਸਹਮ ਜੋ ਸਾਰੀ ਉਮਰ ਪਿਆ ਰਹਿੰਦਾ ਹੈ ।

ਅਰਥ:- ਗੁਰੂ ਦੇ ਦੱਸੇ ਰਾਹ ਉੱਤੇ ਤੁਰਿਆਂ ਸਦਾ ਸੁਖ ਮਿਲਦਾ ਹੈ, ਸਾਰੀ ਉਮਰ ਦਾ ਦੁੱਖ ਦੂਰ ਹੋ ਜਾਂਦਾ ਹੈ; ਉੱਕਾ ਹੀ ਚਿੰਤਾ ਨਹੀਂ ਰਹਿੰਦੀ (ਕਿਉਂਕਿ) ਚਿੰਤਾ ਤੋਂ ਰਹਿਤ ਪ੍ਰਭੂ ਮਨ ਵਿਚ ਆ ਵੱਸਦਾ ਹੈ । ਮਨੁੱਖ ਦੇ ਅੰਦਰ ਹੀ ਗਿਆਨ (-ਰੂਪ) ਤੀਰਥ ਹੈ, (ਜਿਸ ਮਨੁੱਖ ਨੂੰ) ਸਤਿਗੁਰੂ ਨੇ (ਇਸ ਤੀਰਥ

ਦੀ) ਸਮਝ ਬਖ਼ਸ਼ੀ ਹੈ ਉਹ ਮਨੁੱਖ ਨਾਮ-ਅੰਮ੍ਰਿਤ ਦੇ ਸਰੋਵਰ ਵਿਚ, ਅੰਮ੍ਰਿਤ ਦੇ ਤੀਰਥ ਤੇ ਨ੍ਹਾਉਂਦਾ ਹੈ, ਤੇ ਉਸ ਦਾ ਮਨ ਪਵਿਤ੍ਰ ਹੋ ਜਾਂਦਾ ਹੈ (ਮਨ ਦੀ ਵਿਕਾਰਾਂ ਦੀ) ਮੈਲ ਦੂਰ ਹੋ ਜਾਂਦੀ ਹੈ । ਸਤਿਗੁਰੂ ਦੇ ਸੱਚੇ ਸ਼ਬਦ ਦੀ ਬਰਕਤਿ ਨਾਲ ਸੁਤੇ ਹੀ ਸਤਸੰਗੀ ਸਤਸੰਗੀਆਂ ਨੂੰ ਮਿਲਦੇ ਹਨ, (ਸਤਸੰਗ ਦੀ ਰਾਹੀਂ) ਪ੍ਰਭੂ ਵਿਚ ਬਿਰਤੀ ਜੋੜ ਕੇ, ਹਿਰਦੇ-ਰੂਪ ਘਰ ਵਿਚ ਉਹਨਾਂ ਨੂੰ (ਪ੍ਰਭੂ-ਸਿਮਰਨ ਰੂਪ) ਆਹਰ ਮਿਲ ਜਾਂਦਾ ਹੈ ।

ਪਰ, ਪਖੰਡ ਕੀਤਿਆਂ ਮੌਤ ਦਾ ਸਹਮ ਨਹੀਂ ਛੱਡਦਾ, (ਪਖੰਡ ਦੀ) ਇੱਜ਼ਤ ਮਿਟਾ ਕੇ ਮੌਤ ਇਸ ਨੂੰ ਲੈ ਤੁਰਦੀ ਹੈ । ਹੇ ਨਾਨਕ! ਜੋ ਮਨੁੱਖ ਨਾਮ ਵਿਚ ਰੰਗੇ ਹੋਏ ਹਨ ਉਹ ਸਦਾ-ਥਿਰ ਰਹਿਣ ਵਾਲੇ ਪ੍ਰਭੂ (ਦੇ ਚਰਨਾਂ) ਵਿਚ ਸੁਰਤਿ ਜੋੜ ਕੇ (ਇਸ ਸਹਮ ਤੋਂ) ਬਚ ਜਾਂਦੇ ਹਨ ।੨।

ਪਉੜੀ ॥ ਤਿਤੁ ਜਾਇ ਬਹਹੁ ਸਤਸੰਗਤੀ ਜਿਥੈ ਹਰਿ ਕਾ ਹਰਿ ਨਾਮੁ ਬਿਲੋਈਐ ॥ ਸਹਜੇ ਹੀ ਹਰਿ ਨਾਮੁ ਲੇਹੁ ਹਰਿ ਤਤੁ ਨ ਖੋਈਐ ॥ ਨਿਤ ਜਪਿਅਹੁ ਹਰਿ ਹਰਿ ਦਿਨਸੁ ਰਾਤਿ ਹਰਿ ਦਰਗਹ ਢੋਈਐ ॥ ਸੋ ਪਾਏ ਪੂਰਾ ਸਤਗੁਰੂ ਜਿਸੁ ਧੁਰਿ ਮਸਤਕਿ ਲਿਲਾਟਿ ਲਿਖੋਈਐ ॥ ਤਿਸੁ ਗੁਰ ਕੰਉ ਸਭਿ ਨਮਸਕਾਰੁ ਕਰਹੁ ਜਿਨਿ ਹਰਿ ਕੀ ਹਰਿ ਗਾਲ ਗਲੋਈਐ ॥੪॥ {ਪੰਨਾ 587}

ਪਦਅਰਥ:- ਬਿਲੋਈਐ—ਰਿੜਕੀਦਾ ਹੈ, ਵਿਚਾਰੀਦਾ ਹੈ । ਸਹਜੇ—ਅਡੋਲਤਾ ਵਿਚ, ਟਿਕੇ ਹੋਏ ਮਨ ਨਾਲ । ਤਤੁ—ਅਸਲੀ ਚੀਜ਼ । ਲਿਲਾਟਿ—ਮੱਥੇ ਉੱਤੇ । ਗਲੋਈਐ—ਆਖਦਾ ਹੈ ।

ਅਰਥ:- (ਹੇ ਭਾਈ!) ਉਸ ਸਤਸੰਗ ਵਿਚ ਜਾ ਕੇ ਬੈਠੋ, ਜਿਥੇ ਪ੍ਰਭੂ ਦੇ ਨਾਮ ਦੀ ਵਿਚਾਰ ਹੁੰਦੀ ਹੈ, (ਉਥੇ ਜਾ ਕੇ) ਮਨ ਟਿਕਾ ਕੇ ਹਰੀ ਦਾ ਨਾਮ ਜਪੋ, ਤਾਂ ਜੋ ਨਾਮ-ਤੱਤ ਖੁੱਸ ਨਾਹ ਜਾਏ । (ਸਤ ਸੰਗ ਵਿਚ) ਸਦਾ ਦਿਨ ਰਾਤ ਹਰੀ ਦਾ ਨਾਮ ਜਪੋ, ਇਹ ਨਾਮ-ਰੂਪ ਢੋਆ ਲੈ ਕੇ ਹੀ ਪ੍ਰਭੂ ਦੀ ਹਜ਼ੂਰੀ ਵਿਚ ਅੱਪੜੀਦਾ ਹੈ ।

(ਪਰ, ਸਤਸੰਗ ਵਿਚ ਭੀ) ਉਸੇ ਮਨੁੱਖ ਨੂੰ ਪੂਰਾ ਗੁਰੂ ਲੱਭਦਾ ਹੈ, ਜਿਸ ਦੇ ਮੱਥੇ ਉਤੇ ਧੁਰੋਂ (ਭਲੇ ਕਰਮਾਂ ਦੇ ਸੰਸਕਾਰਾਂ ਦਾ ਲੇਖ) ਲਿਖਿਆ ਹੋਇਆ ਹੈ ।

(ਹੇ ਭਾਈ!) ਸਾਰੇ ਉਸ ਗੁਰੂ ਨੂੰ ਸਿਰ ਨਿਵਾਓ ਜੋ ਸਦਾ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਕਰਦਾ ਹੈ ।੪।

ਸਲੋਕ ਮਃ ੩ ॥ ਸਜਣ ਮਿਲੇ ਸਜਣਾ ਜਿਨ ਸਤਗੁਰ ਨਾਲਿ ਪਿਆਰੁ ॥ ਮਿਲਿ ਪ੍ਰੀਤਮ ਤਿਨੀ ਧਿਆਇਆ ਸਚੈ ਪ੍ਰੇਮਿ ਪਿਆਰੁ ॥ ਮਨ ਹੀ ਤੇ ਮਨੁ ਮਾਨਿਆ ਗੁਰ ਕੈ ਸਬਦਿ ਅਪਾਰਿ ॥ ਏਹਿ ਸਜਣ ਮਿਲੇ ਨ ਵਿਛੁੜਹਿ ਜਿ ਆਪਿ ਮੇਲੇ ਕਰਤਾਰਿ ॥ ਇਕਨਾ ਦਰਸਨ ਕੀ ਪਰਤੀਤਿ ਨ ਆਈਆ ਸਬਦਿ ਨ ਕਰਹਿ ਵੀਚਾਰੁ ॥ ਵਿਛੁੜਿਆ ਕਾ ਕਿਆ ਵਿਛੁੜੈ ਜਿਨਾ ਦੂਜੈ ਭਾਇ ਪਿਆਰੁ ॥ ਮਨਮੁਖ ਸੇਤੀ ਦੋਸਤੀ ਥੋੜੜਿਆ ਦਿਨ ਚਾਰਿ ॥ ਇਸੁ ਪਰੀਤੀ ਤੁਟਦੀ ਵਿਲਮੁ ਨ ਹੋਵਈ ਇਤੁ ਦੋਸਤੀ ਚਲਨਿ ਵਿਕਾਰ ॥ ਜਿਨਾ ਅੰਦਰਿ ਸਚੇ ਕਾ

ਭਉ ਨਾਹੀ ਨਾਮਿ ਨ ਕਰਹਿ ਪਿਆਰੁ ॥ ਨਾਨਕ ਤਿਨ ਸਿਉ ਕਿਆ ਕੀਚੈ ਦੋਸਤੀ ਜਿ ਆਪਿ ਭੁਲਾਏ ਕਰਤਾਰਿ ॥੧॥ {ਪੰਨਾ 587}

ਪਦਅਰਥ:- ਕਰਤਾਰਿ—ਕਰਤਾਰ ਨੇ । ਦੂਜੈ ਭਾਇ—(ਪ੍ਰਭੂ ਤੋਂ ਬਿਨਾ) ਹੋਰ ਦੇ ਪਿਆਰ ਵਿਚ । ਵਿਲਮੁ—ਦੇਰ, ਢਿੱਲ । ਚਲਨਿ—ਪੈਦਾ ਹੁੰਦੇ ਹਨ ।

ਅਰਥ:- ਜਿਨ੍ਹਾਂ (ਸਤਸੰਗੀਆਂ) ਦਾ ਗੁਰੂ ਨਾਲ ਪ੍ਰੇਮ ਹੁੰਦਾ ਹੈ, ਉਹ ਸਤਸੰਗੀਆਂ ਨੂੰ ਮਿਲਦੇ ਹਨ; ਸਤਸੰਗੀਆਂ ਨੂੰ ਮਿਲ ਕੇ ਉਹੀ ਮਨੁੱਖ ਪ੍ਰਭੂ ਪ੍ਰੀਤਮ ਨੂੰ ਸਿਮਰਦੇ ਹਨ ਕਿਉਂਕਿ ਸੱਚੇ ਪਿਆਰ ਵਿਚ ਉਹਨਾਂ ਦੀ ਬਿਰਤੀ ਜੁੜੀ ਰਹਿੰਦੀ ਹੈ; ਸਤਿਗੁਰੂ ਦੇ ਅਪਾਰ ਸ਼ਬਦ ਦੀ ਬਰਕਤਿ ਨਾਲ ਉਹਨਾਂ ਦਾ ਮਨ ਆਪਣੇ ਆਪ ਤੋਂ ਹੀ ਪ੍ਰਭੂ ਵਿਚ ਪਤੀਜ ਜਾਂਦਾ ਹੈ; ਅਜੇਹੇ ਸਤਸੰਗੀ ਮਨੁੱਖ (ਇਕ ਵਾਰੀ) ਮਿਲੇ ਹੋਏ ਫਿਰ ਵਿਛੁੜਦੇ ਨਹੀਂ ਹਨ, ਕਿਉਂਕਿ ਕਰਤਾਰ ਨੇ ਆਪ ਇਹਨਾਂ ਨੂੰ ਮਿਲਾ ਦਿੱਤਾ ਹੈ ।

ਇਕਨਾਂ (ਵਿਛੁੜੇ ਹੋਇਆਂ) ਨੂੰ ਪ੍ਰਭੂ ਦੇ ਦੀਦਾਰ ਦਾ ਯਕੀਨ ਹੀ ਨਹੀਂ ਬੱਝਦਾ, ਕਿਉਂਕਿ ਉਹ ਗੁਰੂ ਦੇ ਸ਼ਬਦ ਵਿਚ ਕਦੇ ਵਿਚਾਰ ਹੀ ਨਹੀਂ ਕਰਦੇ । ਪਰ, ਜਿਨ੍ਹਾਂ ਮਨੁੱਖਾਂ ਦੀ ਸੁਰਤਿ ਸਦਾ ਮਾਇਆ ਦੇ ਮੋਹ ਵਿਚ ਜੁੜੀ ਰਹਿੰਦੀ ਹੈ, ਉਹਨਾਂ (ਪ੍ਰਭੂ ਤੋਂ) ਵਿਛੁੜੇ ਹੋਇਆਂ ਦਾ ਹੋਰ ਵਿਛੋੜਾ ਭੀ ਕੀਹ ਹੋਣਾ ਹੋਇਆ? (ਭਾਵ, ਮਾਇਆ ਵਿਚ ਫਸੇ ਰਹਿਣ ਕਰਕੇ ਉਹ ਪਰਮਾਤਮਾ ਨਾਲੋਂ ਵਿਛੋੜਾ ਮਹਿਸੂਸ ਹੀ ਨਹੀਂ ਕਰਦੇ) ।

ਜੋ ਮਨੁੱਖ ਆਪਣੇ ਮਨ ਦੇ ਪਿਛੇ ਤੁਰਦਾ ਹੈ, ਉਸ ਨਾਲ ਮਿੱਤ੍ਰਤਾ ਥੋੜੇ ਹੀ ਦੋ ਚਾਰ ਦਿਨ ਲਈ ਹੀ ਰਹਿ ਸਕਦੀ ਹੈ, ਇਸ ਮਿੱਤ੍ਰਤਾ ਦੇ ਟੁੱਟਦਿਆਂ ਚਿਰ ਨਹੀਂ ਲੱਗਦਾ, (ਉਂਞ ਭੀ) ਇਸ ਮਿੱਤ੍ਰਤਾ ਵਿਚੋਂ ਬੁਰਾਈਆਂ ਹੀ ਨਿਕਲਦੀਆਂ ਹਨ । ਹੇ ਨਾਨਕ! ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਪਰਮਾਤਮਾ ਦਾ ਡਰ ਨਹੀਂ, ਜੋ ਪਰਮਾਤਮਾ ਦੇ ਨਾਮ ਵਿਚ ਕਦੇ ਪਿਆਰ ਨਹੀਂ ਪਾਉਂਦੇ ਉਹਨਾਂ ਨਾਲ ਸਾਂਝ ਪਾਉਣੀ ਹੀ ਨਹੀਂ ਚਾਹੀਦੀ ।੧।

ਮਃ ੩ ॥ ਇਕਿ ਸਦਾ ਇਕਤੈ ਰੰਗਿ ਰਹਹਿ ਤਿਨ ਕੈ ਹਉ ਸਦ ਬਲਿਹਾਰੈ ਜਾਉ ॥ ਤਨੁ ਮਨੁ ਧਨੁ ਅਰਪੀ ਤਿਨ ਕਉ ਨਿਵਿ ਨਿਵਿ ਲਾਗਉ ਪਾਇ ॥ ਤਿਨ ਮਿਲਿਆ ਮਨੁ ਸੰਤੋਖੀਐ ਤ੍ਰਿਸਨਾ ਭੁਖ ਸਭ ਜਾਇ ॥ ਨਾਨਕ ਨਾਮਿ ਰਤੇ ਸੁਖੀਏ ਸਦਾ ਸਚੇ ਸਿਉ ਲਿਵ ਲਾਇ ॥੨॥ {ਪੰਨਾ 587}

ਪਦਅਰਥ:- ਇਕਿ—ਕਈ ਮਨੁੱਖ । ਇਕਤੈ ਰੰਗਿ—ਇਕੋ ਰੰਗ ਵਿਚ ਹੀ । ਅਰਪੀ—ਮੈਂ ਹਵਾਲੇ ਕਰ ਦਿਆਂ । ਪਾਇ—ਪੈਰੀਂ ।

ਅਰਥ:- ਕਈ (ਵਡ-ਭਾਗੀ) ਮਨੁੱਖ ਇਕ (ਪ੍ਰਭੂ ਦੇ) ਰੰਗ ਵਿਚ ਹੀ (ਮਸਤ) ਰਹਿੰਦੇ ਹਨ, ਮੈਂ ਉਹਨਾਂ ਤੋਂ ਕੁਰਬਾਨ ਹਾਂ; (ਮੇਰਾ ਚਿੱਤ ਕਰਦਾ ਹੈ) ਆਪਣਾ ਤਨ ਮਨ ਧਨ ਉਹਨਾਂ ਦੀ ਭੇਟ ਕਰ ਦਿਆਂ ਤੇ ਨਿਉਂ ਨਿਉਂ ਕੇ ਉਹਨਾਂ ਦੀ ਪੈਰੀਂ ਲੱਗਾਂ । ਉਹਨਾਂ ਨੂੰ ਮਿਲਿਆਂ ਮਨ ਨੂੰ ਠੰਢ ਪੈਂਦੀ ਹੈ, ਸਾਰੀ ਤ੍ਰਿਸ਼ਨਾ ਤੇ ਭੁੱਖ ਦੂਰ ਹੋ ਜਾਂਦੀ ਹੈ ।

ਹੇ ਨਾਨਕ! ਨਾਮ ਵਿਚ ਭਿੱਜੇ ਹੋਏ ਮਨੁੱਖ ਸੱਚੇ ਪ੍ਰਭੂ ਨਾਲ ਚਿੱਤ ਜੋੜ ਕੇ ਸਦਾ ਸੁਖਾਲੇ ਰਹਿੰਦੇ ਹਨ ।੨।

ਪਉੜੀ ॥ ਤਿਸੁ ਗੁਰ ਕਉ ਹਉ ਵਾਰਿਆ ਜਿਨਿ ਹਰਿ ਕੀ ਹਰਿ ਕਥਾ ਸੁਣਾਈ ॥ ਤਿਸੁ ਗੁਰ ਕਉ ਸਦ ਬਲਿਹਾਰਣੈ ਜਿਨਿ ਹਰਿ ਸੇਵਾ ਬਣਤ ਬਣਾਈ ॥ ਸੋ ਸਤਿਗੁਰੁ ਪਿਆਰਾ ਮੇਰੈ ਨਾਲਿ ਹੈ ਜਿਥੈ ਕਿਥੈ ਮੈਨੋ ਲਏ ਛਡਾਈ ॥ ਤਿਸੁ ਗੁਰ ਕਉ ਸਾਬਾਸਿ ਹੈ ਜਿਨਿ ਹਰਿ ਸੋਝੀ ਪਾਈ ॥ ਨਾਨਕੁ ਗੁਰ ਵਿਟਹੁ ਵਾਰਿਆ ਜਿਨਿ ਹਰਿ ਨਾਮੁ ਦੀਆ ਮੇਰੇ ਮਨ ਕੀ ਆਸ ਪੁਰਾਈ ॥੫॥ {ਪੰਨਾ 588}

ਪਦਅਰਥ:- ਬਣਤ—ਰੀਤ, ਮਰਯਾਦਾ । ਜਿਥੈ ਕਿਥੈ—ਹਰ ਥਾਂ ।

ਅਰਥ:- ਮੈਂ ਸਦਕੇ ਹਾਂ ਉਸ ਸਤਿਗੁਰੂ ਤੋਂ ਜਿਸ ਨੇ ਪ੍ਰਭੂ ਦੀ ਗੱਲ ਸੁਣਾਈ ਹੈ, ਤੇ ਜਿਸ ਨੇ ਪ੍ਰਭੂ ਦੀ ਭਗਤੀ ਦੀ ਰੀਤ ਚਲਾਈ ਹੈ । ਉਹ ਪਿਆਰਾ ਸਤਿਗੁਰੂ ਮੇਰੇ ਅੰਗ ਸੰਗ ਹੈ, ਸਭ ਥਾਈਂ ਮੈਨੂੰ (ਵਿਕਾਰਾਂ ਤੋਂ) ਛਡਾ ਲੈਂਦਾ ਹੈ; ਸ਼ਾਬਾਸ਼ੇ ਉਸ ਸਤਿਗੁਰੂ ਨੂੰ ਜਿਸ ਨੇ ਮੈਨੂੰ ਪਰਮਾਤਮਾ ਦੀ ਸੂਝ ਪਾਈ ਹੈ ।

ਜਿਸ ਗੁਰੂ ਨੇ ਮੈਨੂੰ ਪਰਮਾਤਮਾ ਦਾ ਨਾਮ ਦਿੱਤਾ ਹੈ ਤੇ ਮੇਰੇ ਮਨ ਦੀ ਆਸ ਪੂਰੀ ਕੀਤੀ ਹੈ ਮੈਂ ਨਾਨਕ ਉਸ ਤੋਂ ਸਦਕੇ ਹਾਂ ।੫।

ਸਲੋਕ ਮਃ ੩ ॥ ਤ੍ਰਿਸਨਾ ਦਾਧੀ ਜਲਿ ਮੁਈ ਜਲਿ ਜਲਿ ਕਰੇ ਪੁਕਾਰ ॥ ਸਤਿਗੁਰ ਸੀਤਲ ਜੇ ਮਿਲੈ ਫਿਰਿ ਜਲੈ ਨ ਦੂਜੀ ਵਾਰ ॥ ਨਾਨਕ ਵਿਣੁ ਨਾਵੈ ਨਿਰਭਉ ਕੋ ਨਹੀ ਜਿਚਰੁ ਸਬਦਿ ਨ ਕਰੇ ਵੀਚਾਰੁ ॥੧॥ {ਪੰਨਾ 588}

ਪਦਅਰਥ:- ਦਾਧੀ—ਸਾੜੀ ਹੋਈ । ਸੀਤਲੁ—ਠੰਡ ਪਾਉਣ ਵਾਲਾ ।

ਅਰਥ:- ਦੁਨੀਆ ਤ੍ਰਿਸ਼ਨਾ ਦੀ ਸਾੜੀ ਹੋਈ ਦੁੱਖੀ ਹੋ ਰਹੀ ਹੈ, ਸੜ ਸੜ ਕੇ ਵਿਲਕ ਰਹੀ ਹੈ; ਜੇ ਇਹ ਠੰਡ ਪਾਣ ਵਾਲੇ ਗੁਰੂ ਨੂੰ ਮਿਲ ਪਏ, ਤਾਂ ਫਿਰ ਦੂਜੀ ਵਾਰੀ ਨਾਹ ਸੜੇ; (ਕਿਉਂਕਿ) ਹੇ ਨਾਨਕ! ਜਦ ਤਕ ਗੁਰੂ ਦੇ ਸ਼ਬਦ ਦੀ ਰਾਹੀਂ ਮਨੁੱਖ ਪ੍ਰਭੂ ਦੀ ਵਿਚਾਰ ਨਾਹ ਕਰੇ ਤਦ ਤਕ (ਨਾਮ ਨਹੀਂ ਮਿਲਦਾ, ਤੇ) ਨਾਮ ਤੋਂ ਬਿਨਾ ਕਿਸੇ ਦਾ ਭੀ ਡਰ ਨਹੀਂ ਮੁੱਕਦਾ (ਇਹ ਡਰ ਤੇ ਸਹਿਮ ਹੀ ਮੁੜ ਮੁੜ ਤ੍ਰਿਸ਼ਨਾ ਦੇ ਅਧੀਨ ਕਰਦਾ ਹੈ) ।੧।

ਮਃ ੩ ॥ ਭੇਖੀ ਅਗਨਿ ਨ ਬੁਝਈ ਚਿੰਤਾ ਹੈ ਮਨ ਮਾਹਿ ॥ ਵਰਮੀ ਮਾਰੀ ਸਾਪੁ ਨਾ ਮਰੈ ਤਿਉ ਨਿਗੁਰੇ ਕਰਮ ਕਮਾਹਿ ॥ ਸਤਿਗੁਰੁ ਦਾਤਾ ਸੇਵੀਐ ਸਬਦੁ ਵਸੈ ਮਨਿ ਆਇ ॥ ਮਨੁ ਤਨੁ ਸੀਤਲੁ ਸਾਂਤਿ ਹੋਇ ਤ੍ਰਿਸਨਾ ਅਗਨਿ ਬੁਝਾਇ ॥ ਸੁਖਾ ਸਿਰਿ ਸਦਾ ਸੁਖੁ ਹੋਇ ਜਾ ਵਿਚਹੁ ਆਪੁ ਗਵਾਇ ॥ ਗੁਰਮੁਖਿ ਉਦਾਸੀ ਸੋ ਕਰੇ ਜਿ ਸਚਿ ਰਹੈ ਲਿਵ ਲਾਇ ॥ ਚਿੰਤਾ ਮੂਲਿ ਨ ਹੋਵਈ ਹਰਿ ਨਾਮਿ ਰਜਾ ਆਘਾਇ ॥ ਨਾਨਕ ਨਾਮ ਬਿਨਾ ਨਹ ਛੂਟੀਐ ਹਉਮੈ ਪਚਹਿ ਪਚਾਇ ॥੨॥ {ਪੰਨਾ 588}

ਪਦਅਰਥ:- ਆਪੁ—ਆਪਾ-ਭਾਵ, ਅਪਣੱਤ, ਸੁਆਰਥ । ਆਘਾਇ ਰਜਾ—ਚੰਗੀ ਤਰ੍ਹਾਂ ਰੱਜਿਆ ਰਹਿੰਦਾ ਹੈ । ਪਚਹਿ—ਸੜਦੇ ਹਨ ।

ਅਰਥ:- ਭੇਖ ਧਾਰਿਆਂ (ਤ੍ਰਿਸ਼ਨਾ ਦੀ) ਅੱਗ ਨਹੀਂ ਬੁੱਝਦੀ, ਮਨ ਵਿਚ ਚਿੰਤਾ ਟਿਕੀ ਰਹਿੰਦੀ ਹੈ; ਜਿਵੇਂ ਸੱਪ ਦੀ ਰੁੱਡ ਬੰਦ ਕੀਤਿਆਂ ਸੱਪ ਨਹੀਂ ਮਰਦਾ, ਤਿਵੇਂ ਹੀ ਉਹ ਮਨੁੱਖ ਕਰਮ ਕਰਦੇ ਹਨ ਜੋ ਗੁਰੂ ਦੀ ਸ਼ਰਨ ਨਹੀਂ ਆਉਂਦੇ (ਗੁਰੂ ਦੀ ਸ਼ਰਨ ਪੈ ਕੇ ਆਪਾ-ਭਾਵ ਮਿਟਾਉਣ ਤੋਂ ਬਿਨਾ ਤ੍ਰਿਸ਼ਨਾ ਦੀ ਅੱਗ ਬੁੱਝਦੀ ਨਹੀਂ) । ਜੇ (ਨਾਮ ਦੀ ਦਾਤਿ) ਦੇਣ ਵਾਲੇ ਗੁਰੂ ਦੀ ਦੱਸੀ ਹੋਈ ਕਾਰ ਕਰੀਏ ਤਾਂ ਗੁਰੂ ਦਾ ਸ਼ਬਦ ਮਨ ਵਿਚ ਆ ਵੱਸਦਾ ਹੈ, ਮਨ ਤਨ ਠੰਢਾ ਠਾਰ ਹੋ ਜਾਂਦਾ ਹੈ, ਤ੍ਰਿਸ਼ਨਾ ਦੀ ਅੱਗ ਬੁਝ ਜਾਂਦੀ ਹੈ ਤੇ ਮਨ ਵਿਚ ਸ਼ਾਂਤੀ ਪੈਦਾ ਹੋ ਜਾਂਦੀ ਹੈ; (ਗੁਰੂ ਦੀ ਸੇਵਾ ਵਿਚ) ਜਦੋਂ ਮਨੁੱਖ ਅਹੰਕਾਰ ਦੂਰ ਕਰਦਾ ਹੈ ਤਾਂ ਸਭ ਤੋਂ ਸ੍ਰੇਸ਼ਟ ਸੁਖ ਮਿਲਦਾ ਹੈ । ਗੁਰੂ ਦੇ ਸਨਮੁਖ ਹੋਇਆ ਹੋਇਆ ਉਹ ਮਨੁੱਖ ਹੀ (ਤ੍ਰਿਸ਼ਨਾ ਵਲੋਂ) ਤਿਆਗ ਕਰਦਾ ਹੈ ਜੋ ਸੱਚੇ ਨਾਮ ਵਿਚ ਸੁਰਤਿ ਜੋੜੀ ਰੱਖਦਾ ਹੈ, ਉਸ ਨੂੰ ਚਿੰਤਾ ਉੱਕਾ ਹੀ ਨਹੀਂ ਹੁੰਦੀ, ਪ੍ਰਭੂ ਦੇ ਨਾਲ ਹੀ ਉਹ ਚੰਗੀ ਤਰ੍ਹਾਂ ਰੱਜਿਆ ਰਹਿੰਦਾ ਹੈ ।

ਹੇ ਨਾਨਕ! ਪ੍ਰਭੂ ਦਾ ਨਾਮ ਸਿਮਰਨ ਤੋਂ ਬਿਨਾ (ਤ੍ਰਿਸ਼ਨਾ ਦੀ ਅੱਗ ਤੋਂ) ਬਚ ਨਹੀਂ ਸਕੀਦਾ, (ਨਾਮ ਤੋਂ ਬਿਨਾ) ਜੀਵ ਅਹੰਕਾਰ ਵਿਚ ਪਏ ਸੜਦੇ ਹਨ ।

ਪਉੜੀ ॥ ਜਿਨੀ ਹਰਿ ਹਰਿ ਨਾਮੁ ਧਿਆਇਆ ਤਿਨੀ ਪਾਇਅੜੇ ਸਰਬ ਸੁਖਾ ॥ ਸਭੁ ਜਨਮੁ ਤਿਨਾ ਕਾ ਸਫਲੁ ਹੈ ਜਿਨ ਹਰਿ ਕੇ ਨਾਮ ਕੀ ਮਨਿ ਲਾਗੀ ਭੁਖਾ ॥ ਜਿਨੀ ਗੁਰ ਕੈ ਬਚਨਿ ਆਰਾਧਿਆ ਤਿਨ ਵਿਸਰਿ ਗਏ ਸਭਿ ਦੁਖਾ ॥ ਤੇ ਸੰਤ ਭਲੇ ਗੁਰਸਿਖ ਹੈ ਜਿਨ ਨਾਹੀ ਚਿੰਤ ਪਰਾਈ ਚੁਖਾ ॥ ਧਨੁ ਧੰਨੁ ਤਿਨਾ ਕਾ ਗੁਰੂ ਹੈ ਜਿਸੁ ਅੰਮ੍ਰਿਤ ਫਲ ਹਰਿ ਲਾਗੇ ਮੁਖਾ ॥੬॥ {ਪੰਨਾ 589}

ਪਦਅਰਥ:- ਚਿੰਤ—ਆਸ । ਚੁਖਾ—ਰਤਾ ਭੀ ।

ਅਰਥ:- ਜਿਨ੍ਹਾਂ ਮਨੁੱਖਾਂ ਨੇ ਪ੍ਰਭੂ ਦਾ ਨਾਮ ਸਿਮਰਿਆ ਹੈ, ਉਹਨਾਂ ਨੂੰ ਸਾਰੇ ਸੁਖ ਮਿਲ ਗਏ ਹਨ, ਉਹਨਾਂ ਦਾ ਸਾਰਾ ਮਨੁੱਖਾ ਜੀਵਨ ਸਫਲ ਹੋਇਆ ਹੈ ਜਿਨ੍ਹਾਂ ਦੇ ਮਨ ਵਿਚ ਪ੍ਰਭੂ ਦੇ ਨਾਮ ਦੀ ਭੁੱਖ ਲੱਗੀ ਹੋਈ ਹੈ (ਭਾਵ, 'ਨਾਮ' ਜਿਨ੍ਹਾਂ ਦੀ ਜ਼ਿੰਦਗੀ ਦਾ ਆਸਰਾ ਹੋ ਜਾਂਦਾ ਹੈ) । ਜਿਨ੍ਹਾਂ ਨੇ ਗੁਰੂ ਦੇ ਸ਼ਬਦ ਦੀ ਰਾਹੀਂ ਪ੍ਰਭੂ ਦਾ ਸਿਮਰਨ ਕੀਤਾ ਹੈ, ਉਹਨਾਂ ਦੇ ਸਾਰੇ ਦੁਖ ਦੂਰ ਹੋ ਗਏ ਹਨ ।

ਉਹ ਗੁਰਸਿੱਖ ਚੰਗੇ ਸੰਤ ਹਨ ਜਿਨ੍ਹਾਂ ਨੇ (ਪ੍ਰਭੂ ਤੋਂ ਬਿਨਾ) ਹੋਰ ਕਿਸੇ ਦੀ ਰਤਾ ਭੀ ਆਸ ਨਹੀਂ ਰੱਖੀ; ਉਹਨਾਂ ਦਾ ਗੁਰੂ ਭੀ ਧੰਨ ਹੈ, ਭਾਗਾਂ ਵਾਲਾ ਹੈ, ਜਿਸ ਦੇ ਮੂੰਹ ਨੂੰ (ਪ੍ਰਭੂ ਦੀ ਸਿਫ਼ਤਿ-ਸਾਲਾਹ ਰੂਪ) ਅਮਰ ਕਰਨ ਵਾਲੇ ਫਲ ਲੱਗੇ ਹੋਏ ਹਨ (ਭਾਵ, ਜਿਸ ਦੇ ਮੂੰਹੋਂ ਪ੍ਰਭੂ ਦੀ ਵਡਿਆਈ ਦੇ ਬਚਨ ਨਿਕਲਦੇ ਹਨ) ।੬।

ਸਲੋਕ ਮਃ ੩ ॥ ਕਲਿ ਮਹਿ ਜਮੁ ਜੰਦਾਰੁ ਹੈ ਹੁਕਮੇ ਕਾਰ ਕਮਾਇ ॥ ਗੁਰਿ ਰਾਖੇ ਸੇ ਉਬਰੇ ਮਨਮੁਖਾ ਦੇਇ ਸਜਾਇ ॥ ਜਮਕਾਲੈ ਵਸਿ ਜਗੁ ਬਾਂਧਿਆ ਤਿਸ ਦਾ ਫਰੂ ਨ ਕੋਇ ॥ ਜਿਨਿ ਜਮੁ ਕੀਤਾ ਸੋ ਸੇਵੀਐ ਗੁਰਮੁਖਿ ਦੁਖੁ ਨ ਹੋਇ ॥ ਨਾਨਕ ਗੁਰਮੁਖਿ ਜਮੁ ਸੇਵਾ ਕਰੇ ਜਿਨ ਮਨਿ ਸਚਾ ਹੋਇ ॥੧॥ {ਪੰਨਾ 588}

ਪਦਅਰਥ:- ਕਲਿ—ਦੁਬਿਧਾ ਵਾਲਾ ਸੁਭਾਉ, ਪ੍ਰਭੂ ਤੋਂ ਵਿਛੋੜੇ ਵਾਲੀ ਹਾਲਤ {"ਇਕ ਘੜੀ ਨ ਮਿਲਤੇ ਤ ਕਲਿਜੁਗ ਹੋਤਾ"} । ਜੰਦਾਰੁ—ਗਵਾਰ, ਅਵੈੜਾ (ਫਾ:) । ਫਰੂ—ਰਾਖਾ ।

ਅਰਥ:- ਦੁਬਿਧਾ ਵਾਲੀ ਹਾਲਤ ਵਿਚ (ਮਨੁੱਖ ਦੇ ਸਿਰ ਉਤੇ) ਮੌਤ ਦਾ ਸਹਿਮ ਟਿਕਿਆ ਰਹਿੰਦਾ ਹੈ; (ਪਰ ਉਹ ਜਮ ਭੀ) ਪ੍ਰਭੂ ਦੇ ਹੁਕਮ ਵਿਚ ਹੀ ਕਾਰ ਕਰਦਾ ਹੈ, ਜਿਨ੍ਹਾਂ ਨੂੰ ਗੁਰੂ ਨੇ ('ਕਲਿ' ਤੋਂ) ਬਚਾ ਲਿਆ ਉਹ (ਜਮ ਦੇ ਸਹਿਮ ਤੋਂ) ਬਚ ਜਾਂਦੇ ਹਨ, ਮਨ ਦੇ ਪਿਛੇ ਤੁਰਨ ਵਾਲੇ ਬੰਦਿਆਂ ਨੂੰ (ਸਹਿਮ ਦੀ) ਸਜ਼ਾ ਦੇਂਦਾ ਹੈ ।

ਜਗਤ (ਭਾਵ, ਪ੍ਰਭੂ ਤੋਂ ਵਿਛੁੜਿਆ ਜੀਵ) ਜਮਕਾਲ ਦੇ ਵੱਸ ਵਿਚ ਬੱਧਾ ਪਿਆ ਹੈ, ਉਸ ਦਾ ਕੋਈ ਰਾਖਾ ਨਹੀਂ ਬਣਦਾ; ਜੇ ਗੁਰੂ ਦੇ ਸਨਮੁਖ ਹੋ ਕੇ ਉਸ ਪ੍ਰਭੂ ਦੀ ਬੰਦਗੀ ਕਰੀਏ ਜਿਸ ਨੇ ਜਮ ਪੈਦਾ ਕੀਤਾ ਹੈ (ਤਾਂ ਫਿਰ ਜਮ ਦਾ) ਦੁਖ ਨਹੀਂ ਪੋਂਹਦਾ, (ਸਗੋਂ) ਹੇ ਨਾਨਕ! ਜਿਨ੍ਹਾਂ ਗੁਰਮੁਖਾਂ ਦੇ ਮਨ ਵਿਚ ਸੱਚਾ ਪ੍ਰਭੂ ਵੱਸਦਾ ਹੈ ਉਹਨਾਂ ਦੀ ਜਮ ਭੀ ਸੇਵਾ ਕਰਦਾ ਹੈ ।੧।

ਮਃ ੩ ॥ ਏਹਾ ਕਾਇਆ ਰੋਗਿ ਭਰੀ ਬਿਨੁ ਸਬਦੈ ਦੁਖੁ ਹਉਮੈ ਰੋਗੁ ਨ ਜਾਇ ॥ ਸਤਿਗੁਰੁ ਮਿਲੈ ਤਾ ਨਿਰਮਲ ਹੋਵੈ ਹਰਿ ਨਾਮੋ ਮੰਨਿ ਵਸਾਇ ॥ ਨਾਨਕ ਨਾਮੁ ਧਿਆਇਆ ਸੁਖਦਾਤਾ ਦੁਖੁ ਵਿਸਰਿਆ ਸਹਜਿ ਸੁਭਾਇ ॥੨॥ {ਪੰਨਾ 588}

ਪਦਅਰਥ:- ਕਾਇਆ—ਸਰੀਰ । ਰੋਗਿ—ਰੋਗ ਨਾਲ । ਮੰਨਿ—ਮਨ ਵਿਚ ।

ਅਰਥ:- ਇਹ ਸਰੀਰ (ਹਉਮੈ ਦੇ) ਰੋਗ ਨਾਲ ਭਰਿਆ ਹੋਇਆ ਹੈ, ਗੁਰੂ ਦੇ ਸ਼ਬਦ ਤੋਂ ਬਿਨਾ ਹਉਮੈ ਰੋਗ-ਰੂਪ ਦੁੱਖ ਦੂਰ ਨਹੀਂ ਹੁੰਦਾ; ਜੇ ਗੁਰੂ ਮਿਲ ਪਏ ਤਾਂ ਮਨੁੱਖ ਦਾ ਮਨ ਪਵਿਤ੍ਰ ਹੋ ਜਾਂਦਾ ਹੈ (ਕਿਉਂਕਿ ਗੁਰੂ ਮਿਲਿਆਂ ਮਨੁੱਖ) ਪਰਮਾਤਮਾ ਦਾ ਨਾਮ ਮਨ ਵਿਚ ਵਸਾਂਦਾ ਹੈ । ਹੇ ਨਾਨਕ! ਜਿਨ੍ਹਾਂ ਨੇ ਸੁਖਦਾਈ ਹਰਿ-ਨਾਮ ਸਿਮਰਿਆ ਹੈ, ਉਹਨਾਂ ਦਾ ਹਉਮੈ-ਦੁੱਖ ਸਹਿਜ ਸੁਭਾਇ ਦੂਰ ਹੋ ਜਾਂਦਾ ਹੈ ।੨।

ਪਉੜੀ ॥ ਜਿਨਿ ਜਗਜੀਵਨੁ ਉਪਦੇਸਿਆ ਤਿਸੁ ਗੁਰ ਕਉ ਹਉ ਸਦਾ ਘੁਮਾਇਆ ॥ ਤਿਸੁ ਗੁਰ ਕਉ ਹਉ ਖੰਨੀਐ ਜਿਨਿ ਮਧੁਸੂਦਨੁ ਹਰਿ ਨਾਮੁ ਸੁਣਾਇਆ ॥ ਤਿਸੁ ਗੁਰ ਕਉ ਹਉ ਵਾਰਣੈ ਜਿਨਿ ਹਉਮੈ ਬਿਖੁ ਸਭੁ ਰੋਗੁ ਗਵਾਇਆ ॥ ਤਿਸੁ ਸਤਿਗੁਰ ਕਉ ਵਡ ਪੁੰਨੁ ਹੈ ਜਿਨਿ ਅਵਗਣ ਕਟਿ ਗੁਣੀ ਸਮਝਾਇਆ ॥ ਸੋ ਸਤਿਗੁਰੁ ਤਿਨ ਕਉ ਭੇਟਿਆ ਜਿਨ ਕੈ ਮੁਖਿ ਮਸਤਕਿ ਭਾਗੁ ਲਿਖਿ ਪਾਇਆ ॥੭॥ {ਪੰਨਾ 588}

ਪਦਅਰਥ:- {ਦਿਸ਼—ਹੱਥ ਨਾਲ ਇਸ਼ਾਰਾ ਕਰ ਕੇ ਵਿਖਾਉਣਾ । ਉਪ—ਨੇੜੇ । ਉਪਦਿਸ਼—ਨੇੜੇ ਵਿਖਾਉਣਾ ।} ਜਿਨਿ ਉਪਦੇਸਿਆ—ਜਿਸ ਗੁਰੂ ਨੇ ਰੱਬ ਨੇੜੇ ਵਿਖਾ ਦਿੱਤਾ ਹੈ । ਗੁਣੀ—ਗੁਣਾਂ ਦਾ ਖ਼ਜ਼ਾਨਾ ।

ਅਰਥ:- ਮੈਂ ਉਸ ਗੁਰੂ ਤੋਂ ਸਦਾ ਕੁਰਬਾਨ ਹਾਂ ਜਿਸ ਨੇ ਜਗਤ-ਦਾ-ਸਹਾਰਾ-ਪ੍ਰਭੂ ਨੇੜੇ ਵਿਖਾ ਦਿੱਤਾ ਹੈ, ਜਿਸ ਨੇ ਅਹੰਕਾਰ-ਦੈਂਤ ਨੂੰ ਮਾਰਨ ਵਾਲੇ ਪ੍ਰਭੂ ਦਾ ਨਾਮ ਸੁਣਾਇਆ ਹੈ (ਭਾਵ, ਨਾਮ ਸਿਮਰਨ ਦੀ ਸਿੱਖਿਆ ਦਿੱਤੀ ਹੈ), ਜਿਸ ਨੇ ਹਉਮੈ ਰੂਪ ਜ਼ਹਿਰ ਤੇ ਹੋਰ ਸਾਰਾ (ਵਿਕਾਰਾਂ ਦਾ) ਰੋਗ ਦੂਰ ਕੀਤਾ ਹੈ ।

ਜਿਸ ਗੁਰੂ ਨੇ (ਜੀਵ ਦੇ) ਪਾਪ ਕੱਟ ਕੇ ਗੁਣਾਂ ਦੇ ਖ਼ਜ਼ਾਨੇ ਪ੍ਰਭੂ ਦੀ ਸੋਝੀ ਪਾਈ ਹੈ, ਉਸ ਦਾ (ਜੀਵਾਂ ਉੱਤੇ) ਇਹ ਬਹੁਤ ਭਾਰਾ ਉਪਕਾਰ ਹੈ । ਐਸਾ ਗੁਰੂ ਉਹਨਾਂ ਨੂੰ ਮਿਲਿਆ ਹੈ ਜਿਨ੍ਹਾਂ ਦੇ ਮੱਥੇ ਉੱਤੇ ਮੂੰਹ ਉੱਤੇ (ਪਿਛਲੇ ਕੀਤੇ ਚੰਗੇ ਕਰਮਾਂ ਦੇ ਸੰਸਕਾਰਾਂ ਦਾ) ਭਾਗ ਲਿਖਿਆ ਪਿਆ ਹੈ ।੭।

ਸਲੋਕੁ ਮਃ ੩ ॥ ਭਗਤਿ ਕਰਹਿ ਮਰਜੀਵੜੇ ਗੁਰਮੁਖਿ ਭਗਤਿ ਸਦਾ ਹੋਇ ॥ ਓਨਾ ਕਉ ਧੁਰਿ ਭਗਤਿ ਖਜਾਨਾ ਬਖਸਿਆ ਮੇਟਿ ਨ ਸਕੈ ਕੋਇ ॥ ਗੁਣ ਨਿਧਾਨੁ ਮਨਿ ਪਾਇਆ ਏਕੋ ਸਚਾ ਸੋਇ ॥ ਨਾਨਕ ਗੁਰਮੁਖਿ ਮਿਲਿ ਰਹੇ ਫਿਰਿ ਵਿਛੋੜਾ ਕਦੇ ਨ ਹੋਇ ॥੧॥ {ਪੰਨਾ 589}

ਪਦਅਰਥ:- ਨਿਧਾਨੁ—ਖ਼ਜ਼ਾਨਾ । ਪਾਇਆ—ਲੱਭ ਪਿਆ ।

ਅਰਥ:- (ਸੰਸਾਰ ਵਲੋਂ) ਮਰ ਕੇ (ਰੱਬ ਵੱਲ) ਜੀਊਣ ਵਾਲੇ ਮਨੁੱਖ (ਹੀ ਸੱਚੀ) ਭਗਤੀ ਕਰਦੇ ਹਨ, ਅਸਲ ਭਗਤੀ ਉਹਨਾਂ ਪਾਸੋਂ ਹੀ ਹੋ ਸਕਦੀ ਹੈ ਜੋ ਆਪਣੇ ਆਪ ਨੂੰ ਗੁਰੂ ਦੇ ਹਵਾਲੇ ਕਰ ਦੇਂਦੇ ਹਨ; ਐਸੇ ਬੰਦਿਆਂ ਨੂੰ ਧੁਰੋਂ ਪਰਮਾਤਮਾ ਨੇ ਭਗਤੀ ਦੇ ਖ਼ਜ਼ਾਨੇ ਦੀ ਦਾਤਿ ਬਖ਼ਸ਼ੀ ਹੋਈ ਹੈ, ਕੋਈ ਉਸ ਬਖ਼ਸ਼ਸ਼ ਨੂੰ ਮਿਟਾ ਨਹੀਂ ਸਕਦਾ; ਉਹਨਾਂ ਨੇ ਉਸ ਗੁਣਾਂ ਦੇ ਖ਼ਜ਼ਾਨੇ ਪ੍ਰਭੂ ਨੂੰ ਆਪਣੇ ਮਨ ਵਿਚ ਲੱਭ ਲਿਆ ਹੈ ਜੋ ਇਕ ਆਪ ਹੀ ਆਪ ਹੈ ਤੇ ਸਦਾ-ਥਿਰ ਰਹਿਣ ਵਾਲਾ ਹੈ । ਹੇ ਨਾਨਕ! ਜੋ ਮਨੁੱਖ ਆਪਣੇ ਆਪ ਨੂੰ ਗੁਰੂ ਦੇ ਹਵਾਲੇ ਕਰ ਦੇਂਦੇ ਹਨ, ਉਹ ਪ੍ਰਭੂ ਵਿਚ ਜੁੜੇ ਰਹਿੰਦੇ ਹਨ, ਤੇ ਫਿਰ ਕਦੇ ਉਹਨਾਂ ਨੂੰ (ਪ੍ਰਭੂ-ਚਰਨਾਂ ਨਾਲੋਂ) ਵਿਛੋੜਾ ਨਹੀਂ ਹੁੰਦਾ ।੧।

ਮਃ ੩ ॥ ਸਤਿਗੁਰ ਕੀ ਸੇਵ ਨ ਕੀਨੀਆ ਕਿਆ ਓਹੁ ਕਰੇ ਵੀਚਾਰੁ ॥ ਸਬਦੈ ਸਾਰ ਨ ਜਾਣਈ ਬਿਖੁ ਭੂਲਾ ਗਾਵਾਰੁ ॥ ਅਗਿਆਨੀ ਅੰਧੁ ਬਹੁ ਕਰਮ ਕਮਾਵੈ ਦੂਜੈ ਭਾਇ ਪਿਆਰੁ ॥ ਅਣਹੋਦਾ ਆਪੁ ਗਣਾਇਦੇ ਜਮੁ ਮਾਰਿ ਕਰੇ ਤਿਨ ਖੁਆਰੁ ॥ ਨਾਨਕ ਕਿਸ ਨੋ ਆਖੀਐ ਜਾ ਆਪੇ ਬਖਸਣਹਾਰੁ ॥੨॥ {ਪੰਨਾ 589}

ਅਰਥ:- ਜਿਸ ਮਨੁੱਖ ਨੇ ਗੁਰੂ ਦੀ ਦੱਸੀ ਹੋਈ ਕਾਰ ਨਹੀਂ ਕੀਤੀ, ਉਹ ਹੋਰ ਕੀਹ ਵਿਚਾਰ ਕਰਦਾ ਹੈ? (ਭਾਵ, ਉਸ ਦੀ ਹੋਰ ਕਿਸੇ ਵਿਚਾਰ ਦਾ ਗੁਣ ਨਹੀਂ), ਉਹ ਮੂਰਖ ਜ਼ਹਿਰ (ਨੂੰ ਵੇਖ ਕੇ) ਭੁੱਲਾ ਹੋਇਆ ਗੁਰੂ ਦੇ ਸ਼ਬਦ ਦੀ ਕਦਰ ਨਹੀਂ ਜਾਣਦਾ, ਉਹ ਅੰਨ੍ਹਾ ਅਗਿਆਨੀ (ਹੋਰ) ਬਹੁਤੇ ਕਰਮ ਕਰਦਾ ਹੈ (ਕਰਮ—ਧਾਰਮਿਕ ਰਸਮਾਂ) ਪਰ ਉਸ ਦੀ ਸੁਰਤਿ ਮਾਇਆ ਦੇ ਪਿਆਰ ਵਿਚ (ਹੀ ਲੱਗੀ ਰਹਿੰਦੀ ਹੈ) ।

ਜੋ ਮਨੁੱਖ ਆਪਣੇ ਅੰਦਰ ਕੋਈ ਗੁਣ ਨਾਹ ਹੁੰਦਿਆਂ ਆਪਣੇ ਆਪ ਨੂੰ (ਵੱਡਾ) ਜਤਾਉਂਦੇ ਹਨ, ਉਹਨਾਂ ਨੂੰ ਜਮ ਮਾਰ ਕੇ ਖ਼ੁਆਰ ਕਰਦਾ ਹੈ; ਪਰ ਹੇ ਨਾਨਕ! ਕਿਸੇ ਨੂੰ ਕੀਹ ਆਖਣਾ ਹੈ? ਪਰਮਾਤਮਾ ਆਪ ਹੀ ਬਖ਼ਸ਼ਸ਼ ਕਰਨ ਵਾਲਾ ਹੈ (ਭਾਵ, ਇਸ ਮਨ-ਮੁਖਤਾ ਵਲੋਂ ਪ੍ਰਭੂ ਆਪ ਹੀ ਬਚਾਉਣ ਦੇ ਸਮਰੱਥ ਹੈ, ਹੋਰ ਕੋਈ ਜੀਵ ਸਹੈਤਾ ਨਹੀਂ ਕਰ ਸਕਦਾ) ।੨।

ਪਉੜੀ ॥ ਤੂ ਕਰਤਾ ਸਭੁ ਕਿਛੁ ਜਾਣਦਾ ਸਭਿ ਜੀਅ ਤੁਮਾਰੇ ॥ ਜਿਸੁ ਤੂ ਭਾਵੈ ਤਿਸੁ ਤੂ ਮੇਲਿ ਲੈਹਿ ਕਿਆ ਜੰਤ ਵਿਚਾਰੇ ॥ ਤੂ ਕਰਣ ਕਾਰਣ ਸਮਰਥੁ ਹੈ ਸਚੁ ਸਿਰਜਣਹਾਰੇ ॥ ਜਿਸੁ ਤੂ ਮੇਲਹਿ ਪਿਆਰਿਆ ਸੋ ਤੁਧੁ ਮਿਲੈ ਗੁਰਮੁਖਿ ਵੀਚਾਰੇ ॥ ਹਉ ਬਲਿਹਾਰੀ ਸਤਿਗੁਰ ਆਪਣੇ ਜਿਨਿ ਮੇਰਾ ਹਰਿ ਅਲਖੁ ਲਖਾਰੇ ॥੮॥

ਪਦਅਰਥ:- ਸਭੁ ਕਿਛੁ—(ਜੀਵਾਂ ਦੇ ਦਿਲ ਦੀ) ਹਰੇਕ ਗੱਲ । ਭਾਵੈ—ਚਾਹੇਂ । ਕਰਣ—ਜਗਤ ।

ਕਾਰਣ—ਮੂਲ, ਕਰਨ ਵਾਲਾ । ਅਲਖੁ—ਅਦ੍ਰਿਸ਼ਟ ।

ਅਰਥ:- ਹੇ ਸਿਰਜਣਹਾਰ! ਤੂੰ ਸਭ ਕੁਝ ਜਾਣਦਾ ਹੈਂ ਤੇ ਸਾਰੇ ਜੀਵ ਤੇਰੇ ਹਨ । ਜੀਆਂ ਵਿਚਾਰਿਆਂ ਦੇ ਕੀਹ ਵੱਸ ਹੈ? ਜੋ ਤੈਨੂੰ ਭਾਉਂਦਾ ਹੈ ਉਸ ਨੂੰ ਤੂੰ (ਆਪਣੇ ਚਰਨਾਂ ਵਿਚ) ਮਿਲਾ ਲੈਂਦਾ ਹੈਂ । ਹੇ ਸਦਾ ਕਾਇਮ ਰਹਿਣ ਵਾਲੇ ਕਰਤਾਰ! ਤੂੰ ਸਭ ਕੁਝ ਕਰਨ ਦੀ ਤਾਕਤ ਰੱਖਦਾ ਹੈਂ, ਹੇ ਪਿਆਰੇ! ਜਿਸ ਨੂੰ ਤੂੰ ਆਪ ਮਿਲਾਉਂਦਾ ਹੈਂ ਉਹ ਗੁਰੂ ਦੇ (ਸ਼ਬਦ) ਦੀ ਰਾਹੀਂ ਤੇਰੇ ਗੁਣਾਂ ਦੀ ਵਿਚਾਰ ਕਰ ਕੇ ਤੈਨੂੰ ਮਿਲ ਪੈਂਦਾ ਹੈ ।

ਮੈਂ ਪਿਆਰੇ ਸਤਿਗੁਰੂ ਤੋਂ ਸਦਕੇ ਹਾਂ ਜਿਸ ਨੇ ਮੈਨੂੰ ਅਦ੍ਰਿਸ਼ਟ ਪਰਮਾਤਮਾ ਦੀ ਸੋਝੀ ਪਾ ਦਿੱਤੀ ਹੈ ।੮।

ਸਲੋਕ ਮਃ ੩ ॥ ਰਤਨਾ ਪਾਰਖੁ ਜੋ ਹੋਵੈ ਸੁ ਰਤਨਾ ਕਰੇ ਵੀਚਾਰੁ ॥ ਰਤਨਾ ਸਾਰ ਨ ਜਾਣਈ ਅਗਿਆਨੀ ਅੰਧੁ ਅੰਧਾਰੁ ॥ ਰਤਨੁ ਗੁਰੂ ਕਾ ਸਬਦੁ ਹੈ ਬੂਝੈ ਬੂਝਣਹਾਰੁ ॥ ਮੂਰਖ ਆਪੁ ਗਣਾਇਦੇ ਮਰਿ ਜੰਮਹਿ ਹੋਇ ਖੁਆਰੁ ॥ ਨਾਨਕ ਰਤਨਾ ਸੋ ਲਹੈ ਜਿਸੁ ਗੁਰਮੁਖਿ ਲਗੈ ਪਿਆਰੁ ॥ ਸਦਾ ਸਦਾ ਨਾਮੁ ਉਚਰੈ ਹਰਿ ਨਾਮੋ ਨਿਤ ਬਿਉਹਾਰੁ ॥ ਕ੍ਰਿਪਾ ਕਰੇ ਜੇ ਆਪਣੀ ਤਾ ਹਰਿ ਰਖਾ ਉਰ ਧਾਰਿ ॥੧॥ {ਪੰਨਾ 589}

ਪਦਅਰਥ:- ਪਾਰਖੁ—ਕਦਰ ਜਾਣਨ ਵਾਲਾ । ਸਾਰ—ਕਦਰ । ਬੂਝਣਹਾਰੁ—ਸੂਝ ਵਾਲਾ । ਆਪੁ—ਆਪਣੇ ਆਪ ਨੂੰ । ਹੋਇ ਖੁਆਰੁ—ਖ਼ੁਆਰ ਹੋ ਹੋ ਕੇ । ਲਹੈ—ਲੱਭਦਾ ਹੈ, ਪ੍ਰਾਪਤ ਕਰਦਾ ਹੈ । ਰਖਾ—ਮੈਂ ਰੱਖਾਂ । ਉਰਧਾਰਿ—ਹਿਰਦੇ ਵਿਚ ਟਿਕਾ ਕੇ ।

ਅਰਥ:- ਜੋ ਮਨੁੱਖ ਰਤਨਾਂ ਦੀ ਕਦਰ ਜਾਣਦਾ ਹੈ, ਉਹੀ ਰਤਨਾਂ ਦੀ ਸੋਚ ਵਿਚਾਰ ਕਰਦਾ ਹੈ, ਪਰ ਅੰਨ੍ਹਾ ਤੇ ਅਗਿਆਨੀ ਬੰਦਾ ਰਤਨਾਂ ਦੀ ਕਦਰ ਨਹੀਂ ਪਾ ਸਕਦਾ, ਕੋਈ ਸੂਝ ਵਾਲਾ ਮਨੁੱਖ ਸਮਝਦਾ ਹੈ ਕਿ (ਅਸਲ) ਰਤਨ ਸਤਿਗੁਰੂ ਦਾ ਸ਼ਬਦ ਹੈ । ਪਰ, ਮੂਰਖ ਬੰਦੇ (ਗੁਰ-ਸ਼ਬਦ ਨੂੰ ਸਮਝਣ ਦੇ ਥਾਂ) ਆਪਣੇ ਆਪ ਨੂੰ ਵੱਡਾ ਜਤਾਉਂਦੇ ਹਨ ਤੇ ਖ਼ੁਆਰ ਹੋ ਹੋ ਕੇ ਮਰਦੇ ਜੰਮਦੇ ਰਹਿੰਦੇ ਹਨ ।

ਹੇ ਨਾਨਕ! ਉਹੀ ਮਨੁੱਖ (ਗੁਰ-ਸ਼ਬਦ ਰੂਪ) ਰਤਨਾਂ ਨੂੰ ਹਾਸਲ ਕਰਦਾ ਹੈ ਜਿਸ ਨੂੰ ਗੁਰੂ ਦੀ ਰਾਹੀਂ (ਗੁਰ-ਸ਼ਬਦ ਦੀ) ਲਗਨ ਲੱਗਦੀ ਹੈ; ਉਹ ਮਨੁੱਖ ਸਦਾ ਪ੍ਰਭੂ ਦਾ ਨਾਮ ਜਪਦਾ ਹੈ, ਨਾਮ ਜਪਣਾ ਹੀ ਉਸ ਦਾ ਨਿੱਤ ਦਾ ਵਿਹਾਰ ਬਣ ਜਾਂਦਾ ਹੈ ।

ਜੇ ਪਰਮਾਤਮਾ ਆਪਣੀ ਮੇਹਰ ਕਰੇ, ਤਾਂ ਮੈਂ ਭੀ ਉਸ ਦਾ ਨਾਮ ਹਿਰਦੇ ਵਿਚ ਪਰੋ ਰੱਖਾਂ ।੧।

ਮਃ ੩ ॥ ਸਤਿਗੁਰ ਕੀ ਸੇਵ ਨ ਕੀਨੀਆ ਹਰਿ ਨਾਮਿ ਨ ਲਗੋ ਪਿਆਰੁ ॥ ਮਤ ਤੁਮ ਜਾਣਹੁ ਓਇ ਜੀਵਦੇ ਓਇ ਆਪਿ ਮਾਰੇ ਕਰਤਾਰਿ ॥ ਹਉਮੈ ਵਡਾ ਰੋਗੁ ਹੈ ਭਾਇ ਦੂਜੈ ਕਰਮ ਕਮਾਇ ॥ ਨਾਨਕ ਮਨਮੁਖਿ ਜੀਵਦਿਆ ਮੁਏ ਹਰਿ ਵਿਸਰਿਆ ਦੁਖੁ ਪਾਇ ॥੨॥ {ਪੰਨਾ 589}

ਪਦਅਰਥ:- ਨਾਮਿ—ਨਾਮ ਵਿਚ । ਓਇ—ਉਹ ਬੰਦੇ । ਕਰਤਾਰਿ—ਕਰਤਾਰ ਨੇ । ਕਮਾਇ—ਕਮਾ ਕੇ ।

ਅਰਥ:- ਜਿਨ੍ਹਾਂ ਬੰਦਿਆਂ ਨੇ ਗੁਰੂ ਦੀ ਦੱਸੀ ਕਾਰ ਨਹੀਂ ਕੀਤੀ, ਜਿਨ੍ਹਾਂ ਦੀ ਲਗਨ ਪ੍ਰਭੂ ਦੇ ਨਾਮ ਵਿਚ

ਨਹੀਂ ਬਣੀ, ਇਹ ਨਾ ਸਮਝੋ ਕਿ ਉਹ ਬੰਦੇ ਜੀਊਂਦੇ ਹਨ, ਉਹਨਾਂ ਨੂੰ ਕਰਤਾਰ ਨੇ ਆਪ ਹੀ (ਆਤਮਕ ਮੌਤੇ) ਮਾਰ ਦਿੱਤਾ ਹੈ; ਮਾਇਆ ਦੇ ਮੋਹ ਵਿਚ ਕਰਮ ਕਰ ਕਰ ਕੇ ਉਹਨਾਂ ਨੂੰ ਹਉਮੈ ਦਾ ਰੋਗ (ਚੰਬੜਿਆ ਹੋਇਆ) ਹੈ; ਹੇ ਨਾਨਕ! ਮਨ ਦੇ ਪਿਛੇ ਤੁਰਨ ਵਾਲੇ ਬੰਦੇ ਜੀਊਂਦੇ ਹੀ ਮੋਏ ਜਾਣੋ । ਜੋ ਮਨੁੱਖ ਰੱਬ ਨੂੰ ਭੁਲਾਉਂਦਾ ਹੈ; ਉਹ ਦੁਖ ਪਾਉਂਦਾ ਹੈ ।੨।

ਪਉੜੀ ॥ ਜਿਸੁ ਅੰਤਰੁ ਹਿਰਦਾ ਸੁਧੁ ਹੈ ਤਿਸੁ ਜਨ ਕਉ ਸਭਿ ਨਮਸਕਾਰੀ ॥ ਜਿਸੁ ਅੰਦਰਿ ਨਾਮੁ ਨਿਧਾਨੁ ਹੈ ਤਿਸੁ ਜਨ ਕਉ ਹਉ ਬਲਿਹਾਰੀ ॥ ਜਿਸੁ ਅੰਦਰਿ ਬੁਧਿ ਬਿਬੇਕੁ ਹੈ ਹਰਿ ਨਾਮੁ ਮੁਰਾਰੀ ॥ ਸੋ ਸਤਿਗੁਰੁ ਸਭਨਾ ਕਾ ਮਿਤੁ ਹੈ ਸਭ ਤਿਸਹਿ ਪਿਆਰੀ ॥ ਸਭੁ ਆਤਮ ਰਾਮੁ ਪਸਾਰਿਆ ਗੁਰ ਬੁਧਿ ਬੀਚਾਰੀ ॥੯॥ {ਪੰਨਾ 589}

ਪਦਅਰਥ:- ਅੰਤਰੁ—ਅੰਦਰਲਾ । ਬਿਬੇਕੁ—ਪਰਖ । ਮੁਰਾਰੀ—ਪਰਮਾਤਮਾ । ਗੁਰ ਬੁਧਿ—ਗੁਰੂ ਦੀ ਅਕਲ ਨੇ । ਬੀਚਾਰੀ—ਵਿਚਾਰਿਆ ਹੈ ।

ਅਰਥ:- ਜਿਸ ਦਾ ਅੰਦਰਲਾ ਹਿਰਦਾ ਪਵਿੱਤ੍ਰ ਹੈ, ਉਸ ਨੂੰ ਸਾਰੇ ਜੀਵ ਨਮਸਕਾਰ ਕਰਦੇ ਹਨ; ਜਿਸਦੇ ਹਿਰਦੇ ਵਿਚ ਨਾਮ (ਰੂਪ) ਖ਼ਜ਼ਾਨਾ ਹੈ ਉਸ ਤੋਂ ਮੈਂ ਸਦਕੇ ਹਾਂ । ਜਿਸ ਦੇ ਅੰਦਰ (ਭਲੀ) ਮਤਿ ਹੈ, (ਚੰਗੇ ਮੰਦੇ ਦੀ) ਪਛਾਣ ਹੈ ਤੇ ਹਰੀ ਮੁਰਾਰੀ ਦਾ ਨਾਮ ਹੈ, ਉਹ ਸਤਿਗੁਰੂ ਸਭ ਜੀਵਾਂ ਦਾ ਮਿੱਤ੍ਰ ਹੈ ਤੇ ਸਾਰੀ ਸ੍ਰਿਸ਼ਟੀ ਉਸ ਨੂੰ ਪਿਆਰੀ ਲੱਗਦੀ ਹੈ (ਕਿਉਂਕਿ) ਸਤਿਗੁਰੂ ਦੀ ਸਮਝ ਨੇ ਤਾਂ ਇਹ ਸਮਝਿਆ ਹੈ ਕਿ ਸਭ ਥਾਈਂ ਪਰਮਾਤਮਾ ਨੇ ਆਪਣਾ ਆਪ ਪਸਾਰਿਆ ਹੋਇਆ ਹੈ ।੯।

ਸਲੋਕ ਮਃ ੩ ॥ ਬਿਨੁ ਸਤਿਗੁਰ ਸੇਵੇ ਜੀਅ ਕੇ ਬੰਧਨਾ ਵਿਚਿ ਹਉਮੈ ਕਰਮ ਕਮਾਹਿ ॥ ਬਿਨੁ ਸਤਿਗੁਰ ਸੇਵੇ ਠਉਰ ਨ ਪਾਵਹੀ ਮਰਿ ਜੰਮਹਿ ਆਵਹਿ ਜਾਹਿ ॥ ਬਿਨੁ ਸਤਿਗੁਰ ਸੇਵੇ ਫਿਕਾ ਬੋਲਣਾ ਨਾਮੁ ਨ ਵਸੈ ਮਨ ਮਾਹਿ ॥ ਨਾਨਕ ਬਿਨੁ ਸਤਿਗੁਰ ਸੇਵੇ ਜਮ ਪੁਰਿ ਬਧੇ ਮਾਰੀਅਨਿ ਮੁਹਿ ਕਾਲੈ ਉਠਿ ਜਾਹਿ ॥੧॥ {ਪੰਨਾ 589}

ਪਦਅਰਥ:- ਠਉਰ—ਟਿਕਾਣਾ, ਇਸਥਿਤੀ, ਭਟਕਣ ਤੋਂ ਖ਼ਲਾਸੀ । ਮੁਹਿ ਕਾਲੈ—ਕਾਲੇ ਮੂੰਹ ਨਾਲ, ਮੁਕਾਲਖ ਖੱਟ ਕੇ ।

ਅਰਥ:- ਮਨੁੱਖ ਸਤਿਗੁਰੂ ਦੀ ਸੇਵਾ ਤੋਂ ਖੁੰਝ ਕੇ ਅਹੰਕਾਰ ਦੇ ਆਸਰੇ ਕਰਮ ਕਰਦੇ ਹਨ, ਪਰ ਉਹ ਕਰਮ ਉਹਨਾਂ ਦੇ ਆਤਮਾ ਲਈ ਬੰਧਨ ਹੋ ਜਾਂਦੇ ਹਨ, ਸਤਿਗੁਰੂ ਦੀ ਦੱਸੀ ਕਾਰ ਨਾ ਕਰਨ ਕਰ ਕੇ ਉਹਨਾਂ ਨੂੰ ਕਿਤੇ ਥਾ ਨਹੀਂ ਮਿਲਦੀ, ਉਹ ਮਰਦੇ ਹਨ (ਫੇਰ) ਜੰਮਦੇ ਹਨ, (ਸੰਸਾਰ ਵਿਚ) ਆਉਂਦੇ ਹਨ, (ਫੇਰ) ਜਾਂਦੇ ਹਨ; ਸਤਿਗੁਰੂ ਦੀ ਦੱਸੀ ਸੇਵਾ ਤੋਂ ਵਾਂਜੇ ਰਹਿ ਕੇ ਉਹਨਾਂ ਦੇ ਬੋਲ ਭੀ ਫਿੱਕੇ ਹੁੰਦੇ ਹਨ ਤੇ 'ਨਾਮ' ਉਹਨਾਂ ਦੇ ਮਨ ਵਿਚ ਵੱਸਦਾ ਨਹੀਂ । ਹੇ ਨਾਨਕ! ਸਤਿਗੁਰੂ ਦੀ ਸੇਵਾ ਤੋਂ ਬਿਨਾ ਕਾਲੇ-ਮੂੰਹ (ਸੰਸਾਰ ਤੋਂ) ਤੁਰ ਜਾਂਦੇ ਹਨ ਤੇ ਜਮਪੁਰੀ ਵਿਚ ਬੱਧੇ ਹੋਏ ਮਾਰ ਖਾਂਦੇ ਹਨ (ਭਾਵ, ਇਸ ਲੋਕ ਵਿਚ ਮੁਕਾਲਖ ਖੱਟਦੇ ਹਨ ਤੇ ਅਗਾਂਹ ਭੀ ਦੁਖੀ ਹੁੰਦੇ ਹਨ) ।੧।

ਮਹਲਾ ੧ ॥ ਜਾਲਉ ਐਸੀ ਰੀਤਿ ਜਿਤੁ ਮੈ ਪਿਆਰਾ ਵੀਸਰੈ ॥ ਨਾਨਕ ਸਾਈ ਭਲੀ ਪਰੀਤਿ ਜਿਤੁ ਸਾਹਿਬ ਸੇਤੀ ਪਤਿ ਰਹੈ ॥੨॥ {ਪੰਨਾ 590}

ਪਦਅਰਥ:- ਜਾਲਉ—ਮੈਂ ਸਾੜ ਦਿਆਂ । ਮੈ—ਮੈਨੂੰ । ਜਿਤੁ—ਜਿਸ ਦੀ ਰਾਹੀਂ ।

ਅਰਥ:- ਮੈਂ ਇਹੋ ਜਿਹੀ ਰੀਤ ਨੂੰ ਸਾੜ ਦਿਆਂ ਜਿਸ ਕਰਕੇ ਪਿਆਰਾ ਪ੍ਰਭੂ ਮੈਨੂੰ ਵਿਸਰ ਜਾਏ, ਹੇ ਨਾਨਕ! ਪ੍ਰੇਮ ਉਹੋ ਹੀ ਚੰਗਾ ਹੈ ਜਿਸ ਦੀ ਰਾਹੀਂ ਖਸਮ ਨਾਲ ਇੱਜ਼ਤ ਬਣੀ ਰਹੇ ।੨।

ਪਉੜੀ ॥ ਹਰਿ ਇਕੋ ਦਾਤਾ ਸੇਵੀਐ ਹਰਿ ਇਕੁ ਧਿਆਈਐ ॥ ਹਰਿ ਇਕੋ ਦਾਤਾ ਮੰਗੀਐ ਮਨ ਚਿੰਦਿਆ ਪਾਈਐ ॥ ਜੇ ਦੂਜੇ ਪਾਸਹੁ ਮੰਗੀਐ ਤਾ ਲਾਜ ਮਰਾਈਐ ॥ ਜਿਨਿ ਸੇਵਿਆ ਤਿਨਿ ਫਲੁ ਪਾਇਆ ਤਿਸੁ ਜਨ ਕੀ ਸਭ ਭੁਖ ਗਵਾਈਐ ॥ {ਪੰਨਾ 590}

ਪਦਅਰਥ:- ਭੁਖ—ਤ੍ਰਿਸ਼ਨਾ ।

ਅਰਥ:- ਇਕੋ ਦਾਤਾਰ ਕਰਤਾਰ ਦੀ ਸੇਵਾ ਕਰਨੀ ਚਾਹੀਦੀ ਹੈ, ਇਕੋ ਪਰਮਾਤਮਾ ਨੂੰ ਹੀ ਸਿਮਰਨਾ ਚਾਹੀਦਾ ਹੈ; ਇਕੋ ਹਰੀ ਦਾਤਾਰ ਕੋਲੋਂ ਹੀ ਦਾਨ ਮੰਗਣਾ ਚਾਹੀਦਾ ਹੈ, ਜਿਸ ਪਾਸੋਂ ਮਨ-ਮੰਗੀ ਮੁਰਾਦ ਮਿਲ ਜਾਏ; ਜੇ ਕਿਸੇ ਹੋਰ ਕੋਲੋਂ ਮੰਗੀਏ ਤਾਂ ਸ਼ਰਮ ਨਾਲ ਮਰ ਜਾਈਏ (ਭਾਵ, ਕਿਸੇ ਹੋਰ ਪਾਸੋਂ ਮੰਗਣ ਨਾਲੋਂ ਸ਼ਰਮ ਨਾਲ ਮਰ ਜਾਣਾ ਚੰਗਾ ਹੈ) । ਜਿਸ ਭੀ ਮਨੁੱਖ ਨੇ ਹਰੀ ਨੂੰ ਸੇਵਿਆ ਹੈ ਉਸੇ ਨੇ ਫਲ ਪਾ ਲਿਆ ਹੈ, ਉਸ ਮਨੁੱਖ ਦੀ ਸਾਰੀ ਤ੍ਰਿਸ਼ਨਾ ਦੂਰ ਹੋ ਗਈ ਹੈ ।

ਨਾਨਕੁ ਤਿਨ ਵਿਟਹੁ ਵਾਰਿਆ ਜਿਨ ਅਨਦਿਨੁ ਹਿਰਦੈ ਹਰਿ ਨਾਮੁ ਧਿਆਈਐ ॥੧੦॥ {ਪੰਨਾ 590}

ਅਰਥ:- ਨਾਨਕ ਸਦਕੇ ਹੈ ਉਹਨਾਂ ਮਨੁੱਖਾਂ ਤੋਂ, ਜੋ ਹਰ ਵੇਲੇ ਹਿਰਦੇ ਵਿਚ ਪ੍ਰਭੂ ਦਾ ਨਾਮ ਸਿਮਰਦੇ ਹਨ ।੧੦।

ਸਲੋਕੁ ਮਃ ੩ ॥ ਭਗਤ ਜਨਾ ਕੰਉ ਆਪਿ ਤੁਠਾ ਮੇਰਾ ਪਿਆਰਾ ਆਪੇ ਲਇਅਨੁ ਜਨ ਲਾਇ ॥ ਪਾਤਿਸਾਹੀ ਭਗਤ ਜਨਾ ਕਉ ਦਿਤੀਅਨੁ ਸਿਰਿ ਛਤੁ ਸਚਾ ਹਰਿ ਬਣਾਇ ॥ ਸਦਾ ਸੁਖੀਏ ਨਿਰਮਲੇ ਸਤਿਗੁਰ ਕੀ ਕਾਰ ਕਮਾਇ ॥

ਪਸ ਅਰਥ:- ਲਇਅਨੁ—ਲਾ ਲਏ ਹਨ ਉਸ ਨੇ । ਦਿਤੀਅਨੁ—ਦਿੱਤੀ ਹੈ ਉਸ ਨੇ । {ਵੇਖੋ "ਗੁਰਬਾਣੀ ਵਿਆਕਰਣ"} ।

ਅਰਥ:- ਪਿਆਰਾ ਪ੍ਰਭੂ ਆਪਣੇ ਭਗਤਾਂ ਤੇ ਆਪ ਪ੍ਰਸੰਨ ਹੁੰਦਾ ਹੈ ਤੇ ਆਪ ਹੀ ਉਸ ਨੇ ਉਹਨਾਂ ਨੂੰ ਆਪਣੇ ਨਾਲ ਜੋੜ ਲਿਆ ਹੈ, ਭਗਤਾਂ ਦੇ ਸਿਰ ਤੇ ਸੱਚਾ ਛੱਤ੍ਰ ਝੁਲਾ ਕੇ ਉਸ ਨੇ ਭਗਤਾਂ ਨੂੰ ਪਾਤਸ਼ਾਹੀ ਬਖ਼ਸ਼ੀ ਹੈ; ਸਤਿਗੁਰੂ ਦੀ ਦੱਸੀ ਕਾਰ ਕਮਾ ਕੇ ਉਹ ਸਦਾ ਸੁਖੀਏ ਤੇ ਪਵਿਤ੍ਰ ਰਹਿੰਦੇ ਹਨ ।

ਰਾਜੇ ਓਇ ਨ ਆਖੀਅਹਿ ਭਿੜਿ ਮਰਹਿ ਫਿਰਿ ਜੂਨੀ ਪਾਹਿ ॥ ਨਾਨਕ ਵਿਣੁ ਨਾਵੈ ਨਕੀਂ ਵਢੀਂ ਫਿਰਹਿ ਸੋਭਾ ਮੂਲਿ ਨ ਪਾਹਿ ॥੧॥ {ਪੰਨਾ 590}

ਅਰਥ:- ਰਾਜੇ ਉਹਨਾਂ ਨੂੰ ਨਹੀਂ ਆਖੀਦਾ ਜੋ ਆਪੋ ਵਿਚ ਲੜ ਮਰਦੇ ਹਨ ਤੇ ਫਿਰ ਜੂਨਾਂ ਵਿਚ ਪੈ ਜਾਂਦੇ ਹਨ, (ਕਿਉਂਕਿ) ਹੇ ਨਾਨਕ! ਨਾਮ ਤੋਂ ਸੱਖਣੇ ਰਾਜੇ ਭੀ ਨਕ-ਵੱਢੇ ਫਿਰਦੇ ਹਨ ਤੇ ਕਦੇ ਸੋਭਾ ਨਹੀਂ ਪਾਂਦੇ ।੧।

ਮਃ ੩ ॥ ਸੁਣਿ ਸਿਖਿਐ ਸਾਦੁ ਨ ਆਇਓ ਜਿਚਰੁ ਗੁਰਮੁਖਿ ਸਬਦਿ ਨ ਲਾਗੈ ॥ ਸਤਿਗੁਰਿ ਸੇਵਿਐ ਨਾਮੁ ਮਨਿ ਵਸੈ ਵਿਚਹੁ ਭ੍ਰਮੁ ਭਉ ਭਾਗੈ ॥ {ਪੰਨਾ 590}

ਅਰਥ:- ਜਦ ਤਾਈਂ ਸਤਿਗੁਰੂ ਦੇ ਸਨਮੁਖ ਹੋ ਕੇ ਮਨੁੱਖ ਸਤਿਗੁਰੂ ਦੇ ਸ਼ਬਦ ਵਿਚ ਨਹੀਂ ਜੁੜਦਾ ਤਦ ਤਾਈਂ ਸਤਿਗੁਰੂ ਦੀ ਸਿੱਖਿਆ ਨਿਰੀ ਸੁਣ ਕੇ ਸੁਆਦ ਨਹੀਂ ਆਉਂਦਾ, ਸਤਿਗੁਰੂ ਦੀ ਦੱਸੀ ਸੇਵਾ ਕੀਤਿਆਂ ਹੀ ਨਾਮ ਮਨ ਵਿਚ ਵੱਸਦਾ ਹੈ ਤੇ ਅੰਦਰੋਂ ਭਰਮ ਤੇ ਡਰ ਦੂਰ ਹੋ ਜਾਂਦਾ ਹੈ ।

ਜੇਹਾ ਸਤਿਗੁਰ ਨੋ ਜਾਣੈ ਤੇਹੋ ਹੋਵੈ ਤਾ ਸਚਿ ਨਾਮਿ ਲਿਵ ਲਾਗੈ ॥ ਨਾਨਕ ਨਾਮਿ ਮਿਲੈ ਵਡਿਆਈ ਹਰਿ ਦਰਿ ਸੋਹਨਿ ਆਗੈ ॥੨॥ {ਪੰਨਾ 590}

ਅਰਥ:- ਜਦੋਂ ਮਨੁੱਖ ਜਿਹੋ ਜਿਹਾ ਆਪਣੇ ਸਤਿਗੁਰੂ ਨੂੰ ਸਮਝਦਾ ਹੈ, ਤਿਹੋ ਜਿਹਾ ਆਪ ਬਣ ਜਾਏ (ਭਾਵ, ਜਦੋਂ ਆਪਣੇ ਸਤਿਗੁਰੂ ਵਾਲੇ ਗੁਣ ਧਾਰਨ ਕਰੇ) ਤਦੋਂ ਉਸ ਦੀ ਬ੍ਰਿਤੀ ਸੱਚੇ ਨਾਮ ਵਿਚ ਜੁੜਦੀ ਹੈ; ਹੇ ਨਾਨਕ! (ਇਹੋ ਜਿਹੇ ਜੀਉੜਿਆਂ ਨੂੰ) ਨਾਮ ਦੇ ਕਾਰਨ ਏਥੇ ਆਦਰ ਮਿਲਦਾ ਹੈ ਤੇ ਅੱਗੇ ਹਰੀ ਦੀ ਨਿਗਾਹ ਦੀ ਦਰਗਾਹ ਵਿਚ ਉਹ ਸੋਭਾ ਪਾਉਂਦੇ ਹਨ ।੨।

ਪਉੜੀ ॥ ਗੁਰਸਿਖਾਂ ਮਨਿ ਹਰਿ ਪ੍ਰੀਤਿ ਹੈ ਗੁਰੁ ਪੂਜਣ ਆਵਹਿ ॥ ਹਰਿ ਨਾਮੁ ਵਣੰਜਹਿ ਰੰਗ ਸਿਉ ਲਾਹਾ ਹਰਿ ਨਾਮੁ ਲੈ ਜਾਵਹਿ ॥ {ਪੰਨਾ 590}

ਅਰਥ:- ਗੁਰਸਿੱਖਾਂ ਦੇ ਮਨ ਵਿਚ ਹਰੀ ਦਾ ਪਿਆਰ ਹੁੰਦਾ ਹੈ ਤੇ (ਉਸ ਪਿਆਰ ਦਾ ਸਦਕਾ ਉਹ) ਆਪਣੇ ਸਤਿਗੁਰੂ ਦੀ ਸੇਵਾ ਕਰਨ ਆਉਂਦੇ ਹਨ; (ਸਤਿਗੁਰੂ ਦੇ ਕੋਲ ਆ ਕੇ) ਪਿਆਰ ਨਾਲ ਹਰੀ-ਨਾਮ ਦਾ ਵਪਾਰ ਕਰਦੇ ਹਨ ਤੇ ਹਰੀ-ਨਾਮ ਦਾ ਲਾਭ ਖੱਟ ਕੇ ਲੈ ਜਾਂਦੇ ਹਨ ।

ਗੁਰਸਿਖਾ ਕੇ ਮੁਖ ਉਜਲੇ ਹਰਿ ਦਰਗਹ ਭਾਵਹਿ ॥ {ਪੰਨਾ 590}

ਅਰਥ:- (ਇਹੋ ਜਿਹੇ) ਗੁਰਸਿੱਖਾਂ ਦੇ ਮੂੰਹ ਉਜਲੇ ਹੁੰਦੇ ਹਨ ਤੇ ਹਰੀ ਦੀ ਦਰਗਾਹ ਵਿਚ ਉਹ ਪਿਆਰੇ ਲੱਗਦੇ ਹਨ ।

ਗੁਰੁ ਸਤਿਗੁਰੁ ਬੋਹਲੁ ਹਰਿ ਨਾਮ ਕਾ ਵਡਭਾਗੀ ਸਿਖ ਗੁਣ ਸਾਂਝ ਕਰਾਵਹਿ ॥ ਤਿਨਾ ਗੁਰਸਿਖਾ ਕੰਉ ਹਉ ਵਾਰਿਆ ਜੋ ਬਹਦਿਆ ਉਠਦਿਆ ਹਰਿ ਨਾਮੁ ਧਿਆਵਹਿ ॥੧੧॥ {ਪੰਨਾ 590}

ਪਦਅਰਥ:- ਬੋਹਲੁ—ਦਾਣਿਆਂ ਦਾ ਢੇਰ, ਜੋ ਫ਼ਸਲ ਗਾਹ ਕੇ ਤੂੜੀ ਭੋਹ ਆਦਿਕ ਤੋਂ ਵੱਖ ਕੀਤਾ ਜਾਂਦਾ ਹੈ, ਭੰਡਾਰ । ਸਾਂਝ—ਭਾਈਵਾਲੀ, ਭਿਆਲੀ ।

ਅਰਥ:- ਗੁਰੂ ਸਤਿਗੁਰੂ ਹਰੀ ਦੇ ਨਾਮ ਦਾ (ਮਾਨੋ) ਬੋਹਲ ਹੈ, ਵੱਡੇ ਭਾਗਾਂ ਵਾਲੇ ਸਿੱਖ ਆ ਕੇ ਗੁਣਾਂ ਦੀ ਭਿਆਲੀ ਪਾਉਂਦੇ ਹਨ; ਸਦਕੇ ਹਾਂ ਉਹਨਾਂ ਗੁਰਸਿੱਖਾਂ ਤੋਂ, ਜੋ ਬਹਦਿਆਂ ਉਠਦਿਆਂ (ਭਾਵ, ਹਰ ਵੇਲੇ) ਹਰੀ ਦਾ ਨਾਮ ਸਿਮਰਦੇ ਹਨ ।੧੧।

ਸਲੋਕ ਮਃ ੩ ॥ ਨਾਨਕ ਨਾਮੁ ਨਿਧਾਨੁ ਹੈ ਗੁਰਮੁਖਿ ਪਾਇਆ ਜਾਇ ॥ ਮਨਮੁਖ ਘਰਿ ਹੋਦੀ ਵਥੁ ਨ ਜਾਣਨੀ ਅੰਧੇ ਭਉਕਿ ਮੁਏ ਬਿਲਲਾਇ ॥੧॥ {ਪੰਨਾ 590}

ਅਰਥ:- ਹੇ ਨਾਨਕ! ਨਾਮ (ਹੀ ਅਸਲ) ਖ਼ਜ਼ਾਨਾ ਹੈ, ਜੋ ਸਤਿਗੁਰੂ ਦੇ ਸਨਮੁਖ ਹੋ ਕੇ ਮਿਲ ਸਕਦਾ ਹੈ; ਅੰਨ੍ਹੇ ਮਨਮੁਖ (ਹਿਰਦੇ-ਰੂਪ) ਘਰ ਵਿਚ ਹੁੰਦੀ (ਇਸ) ਵਸਤ ਨੂੰ ਨਹੀਂ ਪਛਾਣਦੇ, ਤੇ (ਬਾਹਰ ਮਾਇਆ ਦੇ ਪਿਛੇ) ਵਿਲਕਦੇ ਤੇ ਭਉਂਕਦੇ ਮਰ ਜਾਂਦੇ ਹਨ ।੧।

ਮਃ ੩ ॥ ਕੰਚਨ ਕਾਇਆ ਨਿਰਮਲੀ ਜੋ ਸਚਿ ਨਾਮਿ ਸਚਿ ਲਾਗੀ ॥ ਨਿਰਮਲ ਜੋਤਿ ਨਿਰੰਜਨੁ ਪਾਇਆ ਗੁਰਮੁਖਿ ਭ੍ਰਮੁ ਭਉ ਭਾਗੀ ॥ ਨਾਨਕ ਗੁਰਮੁਖਿ ਸਦਾ ਸੁਖੁ ਪਾਵਹਿ ਅਨਦਿਨੁ ਹਰਿ ਬੈਰਾਗੀ ॥੨॥ {ਪੰਨਾ 590}

ਪਦਅਰਥ:- ਕੰਚਨ—ਸੋਨਾ । ਨਾਮਿ—ਹਰੀ ਨਾਮ ਦੀ ਰਾਹੀਂ । ਨਿਰੰਜਨੁ—ਮਾਇਆ ਤੋਂ ਰਹਿਤ ਪ੍ਰਭੂ । ਬੈਰਾਗੀ—ਵੈਰਾਗ-ਵਾਨ ਹੋ ਕੇ ।

ਅਰਥ:- ਜੋ ਸਰੀਰ ਸੱਚੇ ਨਾਮ ਦੀ ਰਾਹੀਂ ਸੱਚੇ ਪ੍ਰਭੂ ਵਿਚ ਜੁੜਿਆ ਹੋਇਆ ਹੈ, ਉਹ ਸੋਨੇ ਵਰਗਾ ਸੁੱਧ ਹੈ; ਉਸ ਨੂੰ ਨਿਰਮਲ ਜੋਤਿ (ਰੂਪ) ਮਾਇਆ ਤੋਂ ਰਹਿਤ ਪ੍ਰਭੂ ਮਿਲ ਪੈਂਦਾ ਹੈ ਤੇ ਸਤਿਗੁਰੂ ਦੇ ਸਨਮੁਖ ਹੋ ਕੇ ਉਸ ਦਾ ਭਰਮ ਤੇ ਡਰ ਦੂਰ ਹੋ ਜਾਂਦਾ ਹੈ; ਹੇ ਨਾਨਕ! ਸਤਿਗੁਰੂ ਦੇ ਸਨਮੁਖ ਮਨੁੱਖ ਹਰ ਵੇਲੇ ਪਰਮਾਤਮਾ ਦੇ ਵੈਰਾਗੀ ਹੋ ਕੇ ਸਦਾ ਸੁਖ ਪਾਉਂਦੇ ਹਨ ।੨।

ਪਉੜੀ ॥ ਸੇ ਗੁਰਸਿਖ ਧਨੁ ਧੰਨੁ ਹੈ ਜਿਨੀ ਗੁਰ ਉਪਦੇਸੁ ਸੁਣਿਆ ਹਰਿ ਕੰਨੀ ॥ ਗੁਰਿ ਸਤਿਗੁਰਿ ਨਾਮੁ ਦ੍ਰਿੜਾਇਆ ਤਿਨਿ ਹੰਉਮੈ ਦੁਬਿਧਾ ਭੰਨੀ ॥ {ਪੰਨਾ 590}

ਪਦਅਰਥ:- ਕੰਨੀ ਸੁਣਿਆ—ਗਹੁ ਨਾਲ ਸੁਣਿਆ ਹੈ । ਤਿਨਿ—ਉਸ ਨੇ । ਭੰਨੀ—ਨਾਸ ਕੀਤੀ ਹੈ ।

ਅਰਥ:- ਧੰਨ ਹਨ ਉਹ ਗੁਰਸਿੱਖ ਜਿਨ੍ਹਾਂ ਨੇ ਸਤਿਗੁਰੂ ਦਾ ਉਪਦੇਸ਼ ਗਹੁ ਨਾਲ ਸੁਣਿਆ ਹੈ; ਸਤਿਗੁਰੂ ਨੇ (ਜਿਸ ਦੇ ਭੀ ਹਿਰਦੇ ਵਿਚ) ਨਾਮ ਦ੍ਰਿੜ੍ਹ ਕੀਤਾ ਹੈ ਉਸ ਨੇ ਹਉਮੈ ਤੇ ਦੁਬਿਧਾ (ਹਿਰਦੇ ਵਿਚੋਂ) ਭੰਨ ਸੁੱਟੀ ਹੈ ।

ਬਿਨੁ ਹਰਿ ਨਾਵੈ ਕੋ ਮਿਤ੍ਰੁ ਨਾਹੀ ਵੀਚਾਰਿ ਡਿਠਾ ਹਰਿ ਜੰਨੀ ॥ ਜਿਨਾ ਗੁਰਸਿਖਾ ਕਉ ਹਰਿ ਸੰਤੁਸਟੁ ਹੈ ਤਿਨੀ ਸਤਿਗੁਰ ਕੀ ਗਲ ਮੰਨੀ ॥ {ਪੰਨਾ 591}

ਅਰਥ:- ਪ੍ਰਭੂ ਦਾ ਸਿਮਰਨ ਕਰਨ ਵਾਲਿਆਂ (ਗੁਰ-ਸਿੱਖਾਂ) ਨੇ ਇਹ ਗੱਲ ਵਿਚਾਰ ਕੇ ਵੇਖ ਲਈ ਹੈ ਕਿ ਪਰਮਾਤਮਾ ਦੇ ਨਾਮ ਤੋਂ ਬਿਨਾ ਕੋਈ (ਸੱਚਾ) ਮਿਤ੍ਰ ਨਹੀਂ ਹੈ; ਜਿਨ੍ਹਾਂ ਗੁਰਸਿੱਖਾਂ ਤੇ ਪ੍ਰਭੂ ਪ੍ਰਸੰਨ ਹੁੰਦਾ ਹੈ, ਉਹ ਸਤਿਗੁਰੂ ਦੀ ਸਿੱਖਿਆ ਤੇ ਤੁਰਦੇ ਹਨ ।

ਜੋ ਗੁਰਮੁਖਿ ਨਾਮੁ ਧਿਆਇਦੇ ਤਿਨੀ ਚੜੀ ਚਵਗਣਿ ਵੰਨੀ ॥੧੨॥ {ਪੰਨਾ 591}

ਪਦਅਰਥ:- ਵੰਨੀ—ਰੰਗਣ ।

ਅਰਥ:- ਜੋ ਮਨੁੱਖ ਸਤਿਗੁਰੂ ਦੇ ਸਨਮੁਖ ਹੋ ਕੇ ਨਾਮ ਜਪਦੇ ਹਨ, ਉਹਨਾਂ ਨੂੰ (ਪ੍ਰੇਮ ਦੀ) ਚੌਗੁਣੀ ਰੰਗਣ ਚੜ੍ਹਦੀ ਹੈ ।੧੨।

ਸਲੋਕ ਮਃ ੩ ॥ ਮਨਮੁਖੁ ਕਾਇਰੁ ਕਰੂਪੁ ਹੈ ਬਿਨੁ ਨਾਵੈ ਨਕੁ ਨਾਹਿ ॥ ਅਨਦਿਨੁ ਧੰਧੈ ਵਿਆਪਿਆ ਸੁਪਨੈ ਭੀ ਸੁਖੁ ਨਾਹਿ ॥ ਨਾਨਕ ਗੁਰਮੁਖਿ ਹੋਵਹਿ ਤਾ ਉਬਰਹਿ ਨਾਹਿ ਤ ਬਧੇ ਦੁਖ ਸਹਾਹਿ ॥੧॥ {ਪੰਨਾ 591}

ਪਦਅਰਥ:- ਕਰੂਪੁ—ਭੈੜੇ ਮੂੰਹ ਵਾਲਾ, ਭੈੜ-ਮੱਥਾ ਭਰਿਸ਼ਟੇ ਮੂੰਹ ਵਾਲਾ ।

ਅਰਥ:- ਮਨ ਦੇ ਅਧੀਨ ਮਨੁੱਖ ਡਰਾਕਲ ਤੇ ਬੇ-ਸ਼ਕਲ ਹੁੰਦਾ ਹੈ, ਨਾਮ ਤੋਂ ਬਿਨਾ ਕਿਤੇ ਉਸ ਨੂੰ ਆਦਰ ਨਹੀਂ ਮਿਲਦਾ; ਹਰ ਵੇਲੇ ਮਾਇਆ ਦੇ ਕਜ਼ੀਏ ਵਿਚ ਰੁੱਝਾ ਰਹਿੰਦਾ ਹੈ ਤੇ (ਏਸ ਕਰ ਕੇ) ਉਸ ਨੂੰ ਸੁਪਨੇ ਵਿਚ ਭੀ ਸੁਖ ਨਹੀਂ ਹੁੰਦਾ । ਹੇ ਨਾਨਕ! ਮਨਮੁਖ ਮਨੁੱਖ ਜੇ ਸਤਿਗੁਰੂ ਦੇ ਸਨਮੁਖ ਹੋ ਜਾਣ ਤਾਂ (ਜੰਜਾਲ ਤੋਂ) ਬਚ ਜਾਂਦੇ ਹਨ, ਨਹੀਂ ਤਾਂ (ਮਾਇਆ ਦੇ ਮੋਹ ਵਿਚ) ਬੱਧੇ ਹੋਏ ਦੁੱਖ ਸਹਿੰਦੇ ਹਨ ।੧।

ਮਃ ੩ ॥ ਗੁਰਮੁਖਿ ਸਦਾ ਦਰਿ ਸੋਹਣੇ ਗੁਰ ਕਾ ਸਬਦੁ ਕਮਾਹਿ ॥ ਅੰਤਰਿ ਸਾਂਤਿ ਸਦਾ ਸੁਖੁ ਦਰਿ ਸਚੈ ਸੋਭਾ ਪਾਹਿ ॥ ਨਾਨਕ ਗੁਰਮੁਖਿ ਹਰਿ ਨਾਮੁ ਪਾਇਆ ਸਹਜੇ ਸਚਿ ਸਮਾਹਿ ॥੨॥ {ਪੰਨਾ 591}

ਅਰਥ:- ਸਤਿਗੁਰੂ ਦੇ ਸਨਮੁਖ ਹੋਏ ਹੋਏ ਮਨੁੱਖ ਦਰਗਾਹ ਵਿਚ ਸਦਾ ਸੋਭਦੇ ਹਨ (ਕਿਉਂਕਿ) ਉਹ ਸਤਿਗੁਰੂ ਦਾ ਸ਼ਬਦ ਕਮਾਉਂਦੇ ਹਨ; ਉਹਨਾਂ ਦੇ ਹਿਰਦੇ ਵਿਚ ਸਦਾ ਸ਼ਾਂਤੀ ਤੇ ਸੁਖ ਹੁੰਦਾ ਹੈ, (ਇਸ ਕਰ ਕੇ) ਸੱਚੀ ਦਰਗਾਹ ਵਿਚ ਸੋਭਾ ਪਾਉਂਦੇ ਹਨ । ਹੇ ਨਾਨਕ! ਸਤਿਗੁਰੂ ਦੇ ਸਨਮੁਖ ਮਨੁੱਖਾਂ ਨੂੰ ਹਰੀ ਦਾ ਨਾਮ ਮਿਲਿਆ ਹੋਇਆ ਹੁੰਦਾ ਹੈ, (ਇਸ ਕਰ ਕੇ) ਉਹ ਸੁਤੇ ਹੀ ਸੱਚੇ ਵਿਚ ਲੀਨ ਹੋ ਜਾਂਦੇ ਹਨ ।੨।

ਪਉੜੀ ॥ ਗੁਰਮੁਖਿ ਪ੍ਰਹਿਲਾਦਿ ਜਪਿ ਹਰਿ ਗਤਿ ਪਾਈ ॥ ਗੁਰਮੁਖਿ ਜਨਕਿ ਹਰਿ ਨਾਮਿ ਲਿਵ ਲਾਈ ॥ ਗੁਰਮੁਖਿ ਬਸਿਸਟਿ ਹਰਿ ਉਪਦੇਸੁ ਸੁਣਾਈ ॥ {ਪੰਨਾ 591}

ਪਦਅਰਥ:- ਗੁਰਮੁਖਿ—ਗੁਰੂ ਦੇ ਸਨਮੁਖ ਹੋ ਕੇ ।

ਅਰਥ:- ਸਤਿਗੁਰੂ ਦੇ ਸਨਮੁਖ ਹੋ ਕੇ ਪ੍ਰਹਿਲਾਦ ਨੇ ਹਰੀ ਦਾ ਨਾਮ ਜਪ ਕੇ ਉੱਚੀ ਆਤਮਕ ਅਵਸਥਾ ਪ੍ਰਾਪਤ ਕੀਤੀ; ਸਤਿਗੁਰੂ ਦੇ ਸਨਮੁਖ ਹੋ ਕੇ ਜਨਕ ਨੇ ਹਰੀ ਦੇ ਨਾਮ ਵਿਚ ਬਿਰਤੀ ਜੋੜੀ; ਸਤਿਗੁਰੂ ਦੇ ਸਨਮੁਖ ਹੋ ਕੇ ਵਸ਼ਿਸ਼ਟ ਨੇ ਹਰੀ ਦਾ ਉਪਦੇਸ਼ (ਹੋਰਨਾਂ ਨੂੰ) ਸੁਣਾਇਆ ।

ਬਿਨੁ ਗੁਰ ਹਰਿ ਨਾਮੁ ਨ ਕਿਨੈ ਪਾਇਆ ਮੇਰੇ ਭਾਈ ॥ ਗੁਰਮੁਖਿ ਹਰਿ ਭਗਤਿ ਹਰਿ ਆਪਿ ਲਹਾਈ ॥੧੩॥ {ਪੰਨਾ 591}

ਪਦਅਰਥ:- ਲਹਾਈ—ਲਭਾਈ, ਦਿੱਤੀ ਹੈ ।

ਅਰਥ:- ਹੇ ਮੇਰੇ ਭਾਈ! ਸਤਿਗੁਰੂ ਤੋਂ ਬਿਨਾ ਕਿਸੇ ਨੇ ਨਾਮ ਨਹੀਂ ਲੱਭਾ । ਸਤਿਗੁਰੂ ਦੇ ਸਨਮੁਖ ਹੋਏ ਮਨੁੱਖ ਨੂੰ ਪ੍ਰਭੂ ਨੇ ਆਪਣੀ ਭਗਤੀ ਆਪ ਬਖ਼ਸ਼ੀ ਹੈ ।੧੩।

ਸਲੋਕੁ ਮਃ ੩ ॥ ਸਤਿਗੁਰ ਕੀ ਪਰਤੀਤਿ ਨ ਆਈਆ ਸਬਦਿ ਨ ਲਾਗੋ ਭਾਉ ॥ ਓਸ ਨੋ ਸੁਖੁ ਨ ਉਪਜੈ ਭਾਵੈ ਸਉ ਗੇੜਾ ਆਵਉ ਜਾਉ ॥ ਨਾਨਕ ਗੁਰਮੁਖਿ ਸਹਜਿ ਮਿਲੈ ਸਚੇ ਸਿਉ ਲਿਵ ਲਾਉ ॥੧॥ {ਪੰਨਾ 591}

ਅਰਥ:- ਜਿਸ ਮਨੁੱਖ ਨੂੰ ਸਤਿਗੁਰੂ ਤੇ ਭਰੋਸਾ ਨਹੀਂ ਬਣਿਆ ਤੇ ਸਤਿਗੁਰੂ ਦੇ ਸ਼ਬਦ ਵਿਚ ਜਿਸ ਦਾ ਪਿਆਰ ਨਹੀਂ ਲੱਗਾ ਉਸ ਨੂੰ ਕਦੇ ਸੁਖ ਨਹੀਂ, ਭਾਵੇਂ (ਗੁਰੂ ਪਾਸ) ਸੌ ਵਾਰੀ ਆਵੇ ਜਾਏ । ਹੇ ਨਾਨਕ! ਜੇ ਗੁਰੂ ਦੇ ਸਨਮੁਖ ਹੋ ਕੇ ਸੱਚੇ ਵਿਚ ਲਿਵ ਜੋੜੀਏ ਤਾਂ ਪ੍ਰਭੂ ਸਹਿਜੇ ਹੀ ਮਿਲ ਪੈਂਦਾ ਹੈ ।੧।

ਮਃ ੩ ॥ ਏ ਮਨ ਐਸਾ ਸਤਿਗੁਰੁ ਖੋਜਿ ਲਹੁ ਜਿਤੁ ਸੇਵਿਐ ਜਨਮ ਮਰਣ ਦੁਖੁ ਜਾਇ ॥ ਸਹਸਾ ਮੂਲਿ ਨ ਹੋਵਈ ਹਉਮੈ ਸਬਦਿ ਜਲਾਇ ॥ ਕੂੜੈ ਕੀ ਪਾਲਿ ਵਿਚਹੁ ਨਿਕਲੈ ਸਚੁ ਵਸੈ ਮਨਿ ਆਇ ॥ ਅੰਤਰਿ ਸਾਂਤਿ ਮਨਿ ਸੁਖੁ ਹੋਇ ਸਚ ਸੰਜਮਿ ਕਾਰ ਕਮਾਇ ॥ {ਪੰਨਾ 591}

ਪਦਅਰਥ:- ਜਨਮ ਮਰਣ—ਜੰਮਣ ਤੋਂ ਮਰਨ ਤਕ ਦਾ । ਸਹਸਾ—ਤੌਖ਼ਲਾ । ਮੂਲਿ—ਕਦੇ ਭੀ । ਪਾਲਿ—ਕੰਧ । ਮਨਿ—ਮਨ ਵਿਚ । ਸੰਜਮਿ—ਜੁਗਤਿ ਨਾਲ ।

ਅਰਥ:- ਹੇ ਮੇਰੇ ਮਨ! ਇਹੋ ਜਿਹਾ ਸਤਿਗੁਰੂ ਖੋਜ ਕੇ ਲੱਭ, ਜਿਸ ਦੀ ਸੇਵਾ ਕੀਤਿਆਂ ਤੇਰਾ ਸਾਰੀ ਉਮਰ ਦਾ ਦੁਖ ਦੂਰ ਹੋ ਜਾਏ; ਕਦੇ ਉੱਕਾ ਹੀ ਚਿੰਤਾ ਨਾ ਹੋਵੇ ਤੇ (ਉਸ ਸਤਿਗੁਰੂ ਦੇ) ਸ਼ਬਦ ਨਾਲ ਤੇਰੀ ਹਉਮੈ ਸੜ ਜਾਏ; ਤੇਰੇ ਅੰਦਰੋਂ ਕੂੜ ਦੀ ਕੰਧ ਦੂਰ ਹੋ ਜਾਏ ਤੇ ਮਨ ਵਿਚ ਸੱਚਾ ਹਰੀ ਆ ਵੱਸੇ, ਅਤੇ ਹੇ ਮਨ! (ਉਸ ਸਤਿਗੁਰੂ ਦੇ ਦੱਸੇ ਹੋਏ) ਸੰਜਮ ਵਿਚ ਸੱਚੀ ਕਾਰ ਕਰ ਕੇ ਤੇਰੇ ਅੰਦਰ ਸ਼ਾਂਤੀ ਤੇ ਸੁਖ ਹੋ ਜਾਏ ।

ਨਾਨਕ ਪੂਰੈ ਕਰਮਿ ਸਤਿਗੁਰੁ ਮਿਲੈ ਹਰਿ ਜੀਉ ਕਿਰਪਾ ਕਰੇ ਰਜਾਇ ॥੨॥ {ਪੰਨਾ 591}

ਪਦਅਰਥ:- ਕਰਮਿ—ਬਖ਼ਸ਼ਸ਼ ਨਾਲ । ਰਜਾਇ—(ਆਪਣੀ) ਰਜ਼ਾ ਅਨੁਸਾਰ ।

ਅਰਥ:- ਹੇ ਨਾਨਕ! ਜਦੋਂ ਹਰੀ ਆਪਣੀ ਰਜ਼ਾ ਵਿਚ ਮੇਹਰ ਕਰਦਾ ਹੈ ਤਦੋਂ (ਇਹੋ ਜਿਹਾ) ਸਤਿਗੁਰੂ ਪੂਰੀ ਬਖ਼ਸ਼ਸ਼ ਨਾਲ ਹੀ ਮਿਲਦਾ ਹੈ ।੨।

ਪਉੜੀ ॥ ਜਿਸ ਕੈ ਘਰਿ ਦੀਬਾਨੁ ਹਰਿ ਹੋਵੈ ਤਿਸ ਕੀ ਮੁਠੀ ਵਿਚਿ ਜਗਤੁ ਸਭੁ ਆਇਆ ॥ ਤਿਸ ਕਉ ਤਲਕੀ ਕਿਸੈ ਦੀ ਨਾਹੀ ਹਰਿ ਦੀਬਾਨਿ ਸਭਿ ਆਣਿ ਪੈਰੀ ਪਾਇਆ ॥ {ਪੰਨਾ 591}

ਪਦਅਰਥ:- ਦੀਬਾਨੁ—ਹਾਕਮ । ਤਲਕੀ—ਮੁਥਾਜੀ । ਦੀਬਾਨਿ—ਹਾਕਮ ਨੇ ।

ਅਰਥ:- ਜਿਸ ਮਨੁੱਖ ਦੇ ਹਿਰਦੇ ਵਿਚ (ਸਭ ਦਾ) ਹਾਕਮ ਪ੍ਰਭੂ ਵੱਸਦਾ ਹੋਵੇ, ਸਾਰਾ ਸੰਸਾਰ ਉਸ ਦੇ ਵੱਸ ਵਿਚ ਆ ਜਾਂਦਾ ਹੈ, ਉਸ ਨੂੰ ਕਿਸੇ ਦੀ ਕਾਣ ਨਹੀਂ ਹੁੰਦੀ, (ਸਗੋਂ) ਪਰਮਾਤਮਾ ਹਾਕਮ ਨੇ ਸਾਰਿਆਂ ਨੂੰ ਲਿਆ ਕੇ ਉਸ ਦੀ ਚਰਨੀਂ ਪਾਇਆ (ਹੁੰਦਾ) ਹੈ ।

ਮਾਣਸਾ ਕਿਅਹੁ ਦੀਬਾਣਹੁ ਕੋਈ ਨਸਿ ਭਜਿ ਨਿਕਲੈ ਹਰਿ ਦੀਬਾਣਹੁ ਕੋਈ ਕਿਥੈ ਜਾਇਆ ॥ ਸੋ ਐਸਾ ਹਰਿ ਦੀਬਾਨੁ ਵਸਿਆ ਭਗਤਾ ਕੈ ਹਿਰਦੈ ਤਿਨਿ ਰਹਦੇ ਖੁਹਦੇ ਆਣਿ ਸਭਿ ਭਗਤਾ ਅਗੈ ਖਲਵਾਇਆ ॥ {ਪੰਨਾ 591}

ਪਦਅਰਥ:- ਤਿਨਿ—ਉਸ ਹਰੀ ਨੇ । ਰਹਦੇ ਖੁਹਦੇ—ਬਾਕੀ ਬਚੇ ਹੋਏ ਜੋ ਅਜੇ ਤਕ ਭਗਤਾਂ ਦੀ ਪੈਰੀਂ ਲੱਗਣ ਤੋਂ ਝਕਦੇ ਸਨ । ਆਣਿ—ਲਿਆ ਕੇ । ਖਲਵਾਇਆ—ਖੜੇ ਕਰ ਦਿੱਤੇ ।

ਅਰਥ:- ਮਨੁੱਖ ਦੀ ਕਚਹਿਰੀ ਵਿਚੋਂ ਤਾਂ ਮਨੁੱਖ ਨੱਸ ਭੱਜ ਕੇ ਭੀ ਕਿਤੇ ਖਿਸਕ ਸਕਦਾ ਹੈ, ਪਰ ਰੱਬ ਦੀ ਹਕੂਮਤਿ ਤੋਂ ਭੱਜ ਕੇ ਕੋਈ ਕਿੱਥੇ ਜਾ ਸਕਦਾ ਹੈ? ਇਹੋ ਜਿਹਾ ਹਾਕਮ ਹਰੀ ਭਗਤਾਂ ਦੇ ਹਿਰਦੇ ਵਿਚ ਵੱਸਿਆ ਹੋਇਆ ਹੈ, ਉਸ ਨੇ "ਰਹਿੰਦੇ ਖੂੰਹਦੇ" ਸਾਰੇ ਜੀਵਾਂ ਨੂੰ ਲਿਆ ਕੇ ਭਗਤ ਜਨਾਂ ਦੇ ਅੱਗੇ ਖੜੇ ਕਰ ਦਿੱਤਾ ਹੈ (ਭਾਵ, ਚਰਨੀਂ ਲਿਆ ਪਾਇਆ ਹੈ) ।

ਹਰਿ ਨਾਵੈ ਕੀ ਵਡਿਆਈ ਕਰਮਿ ਪਰਾਪਤਿ ਹੋਵੈ ਗੁਰਮੁਖਿ ਵਿਰਲੈ ਕਿਨੈ ਧਿਆਇਆ ॥੧੪॥ {ਪੰਨਾ 591}

ਅਰਥ:- ਪ੍ਰਭੂ ਦੀ ਖ਼ਾਸ ਮੇਹਰ ਨਾਲ ਹੀ ਪ੍ਰਭੂ ਦੇ ਨਾਮ ਦੀ ਵਡਿਆਈ (ਕਰਨ ਦਾ ਗੁਣ) ਪ੍ਰਾਪਤ ਹੁੰਦਾ ਹੈ; ਸਤਿਗੁਰੂ ਦੇ ਸਨਮੁਖ ਹੋ ਕੇ ਕੋਈ ਵਿਰਲਾ ਹੀ (ਨਾਮ) ਸਿਮਰਦਾ ਹੈ ।੧੪।

ਸਲੋਕੁ ਮਃ ੩ ॥ ਬਿਨੁ ਸਤਿਗੁਰ ਸੇਵੇ ਜਗਤੁ ਮੁਆ ਬਿਰਥਾ ਜਨਮੁ ਗਵਾਇ ॥ ਦੂਜੈ ਭਾਇ ਅਤਿ ਦੁਖੁ ਲਗਾ ਮਰਿ ਜੰਮੈ ਆਵੈ ਜਾਇ ॥ ਵਿਸਟਾ ਅੰਦਰਿ ਵਾਸੁ ਹੈ ਫਿਰਿ ਫਿਰਿ ਜੂਨੀ ਪਾਇ ॥ ਨਾਨਕ ਬਿਨੁ ਨਾਵੈ ਜਮੁ ਮਾਰਸੀ ਅੰਤਿ ਗਇਆ ਪਛੁਤਾਇ ॥੧॥ {ਪੰਨਾ 591}

ਅਰਥ:- ਸਤਿਗੁਰੂ ਦੇ ਦੱਸੇ ਰਾਹ ਤੇ ਤੁਰਨ ਤੋਂ ਬਿਨਾ ਮਨੁੱਖਾ ਜਨਮ ਵਿਅਰਥ ਗਵਾ ਕੇ ਸੰਸਾਰ ਮੁਇਆ ਹੋਇਆ ਹੈ; ਮਾਇਆ ਦੇ ਪਿਆਰ ਵਿਚ ਭਾਰੀ ਕਲੇਸ਼ ਲੱਗਦਾ ਹੈ ਤੇ (ਇਸੇ ਵਿਚ ਹੀ) ਮਰਦਾ ਹੈ ਫੇਰ ਜੰਮਦਾ ਹੈ, ਆਉਂਦਾ ਹੈ ਫੇਰ ਜਾਂਦਾ ਹੈ; (ਜਦ ਤਾਈਂ ਜੀਊਂਦਾ ਹੈ, ਇਸ ਦਾ ਵਿਕਾਰਾਂ ਦੇ) ਗੰਦ ਵਿਚ ਵਾਸ ਰਹਿੰਦਾ ਹੈ, (ਮੁਇਆਂ) ਪਰਤ ਪਰਤ ਕੇ ਜੂਨਾਂ ਵਿਚ ਪੈਂਦਾ ਹੈ; ਹੇ ਨਾਨਕ! ਅਖ਼ੀਰਲੇ ਵੇਲੇ ਪਛੁਤਾਉਂਦਾ ਹੋਇਆ ਜਾਂਦਾ ਹੈ (ਕਿਉਂਕਿ ਉਸ ਵੇਲੇ ਚੇਤਾ ਆਉਂਦਾ ਹੈ) ਕਿ ਨਾਮ ਤੋਂ ਬਿਨਾ ਜਮ ਸਜ਼ਾ ਦੇਵੇਗਾ ।੧।

ਮਃ ੩ ॥ ਇਸੁ ਜਗ ਮਹਿ ਪੁਰਖੁ ਏਕੁ ਹੈ ਹੋਰ ਸਗਲੀ ਨਾਰਿ ਸਬਾਈ ॥ ਸਭਿ ਘਟ ਭੋਗਵੈ ਅਲਿਪਤੁ ਰਹੈ ਅਲਖੁ ਨ ਲਖਣਾ ਜਾਈ ॥ {ਪੰਨਾ 592}

ਪਦਅਰਥ:- ਪੁਰਖੁ—ਪਤੀ, ਮਰਦ । ਸਗਲੀ—ਸਾਰੀ ਸ੍ਰਿਸ਼ਟੀ । ਸਬਾਈ—ਸਾਰੀ । ਸਭਿ ਘਟ—ਸਾਰੇ ਸਰੀਰ । ਅਲਿਪਤੁ—ਵੱਖਰਾ, ਨਿਰਾਲਾ ।

ਅਰਥ:- ਇਸ ਸੰਸਾਰ ਵਿਚ ਪਤੀ ਇੱਕੋ ਪਰਮਾਤਮਾ ਹੀ ਹੈ, ਹੋਰ ਸਾਰੀ ਸ੍ਰਿਸ਼ਟੀ (ਉਸ ਦੀਆਂ) ਇਸਤ੍ਰੀਆਂ ਹਨ; ਪਰਮਾਤਮਾ ਪਤੀ ਸਾਰੇ ਘਟਾਂ ਨੂੰ ਭੋਗਦਾ ਹੈ (ਭਾਵ, ਸਾਰੇ ਸਰੀਰਾਂ ਵਿਚ ਵਿਆਪਕ ਹੈ) ਤੇ ਨਿਰਲੇਪ ਭੀ ਹੈ, ਇਸ ਅਲੱਖ ਪ੍ਰਭੂ ਦੀ ਸਮਝ ਨਹੀਂ ਪੈਂਦੀ ।

ਪੂਰੈ ਗੁਰਿ ਵੇਖਾਲਿਆ ਸਬਦੇ ਸੋਝੀ ਪਾਈ ॥ ਪੁਰਖੈ ਸੇਵਹਿ ਸੇ ਪੁਰਖ ਹੋਵਹਿ ਜਿਨੀ ਹਉਮੈ ਸਬਦਿ ਜਲਾਈ ॥ {ਪੰਨਾ 592}

ਪਦਅਰਥ:- ਗੁਰਿ—ਗੁਰੂ ਨੇ । ਸਬਦੇ—ਗੁਰ-ਸ਼ਬਦ ਦੀ ਰਾਹੀਂ । ਸੇਵਹਿ—ਸਿਮਰਦੇ ਹਨ । ਜਿਨ੍ਹੀ—ਜਿਨ੍ਹਾਂ ਮਨੁੱਖਾਂ ਨੇ । ਜਲਾਈ—ਸਾੜ ਦਿੱਤੀ ਹੈ ।

ਅਰਥ:- (ਜਿਸ ਮਨੁੱਖ ਨੂੰ) ਪੂਰੇ ਸਤਿਗੁਰੂ ਨੇ (ਉਸ ਅਲੱਖ ਪ੍ਰਭੂ ਦਾ) ਦਰਸ਼ਨ ਕਰਾ ਦਿੱਤਾ, ਉਸ ਨੂੰ ਸਤਿਗੁਰੂ ਦੇ ਸ਼ਬਦ ਦੁਆਰਾ ਸਮਝ ਪੈ ਗਈ; ਜਿਨ੍ਹਾਂ ਮਨੁੱਖਾਂ ਨੇ ਸ਼ਬਦ ਦੀ ਰਾਹੀਂ ਅਹੰਕਾਰ ਦੂਰ ਕੀਤਾ ਹੈ, ਜੋ ਪ੍ਰਭੂ ਪੁਰਖ ਨੂੰ ਜਪਦੇ ਹਨ, ਉਹ ਭੀ ਉਸ ਪੁਰਖ ਦਾ ਰੂਪ ਹੋ ਜਾਂਦੇ ਹਨ!

ਤਿਸ ਕਾ ਸਰੀਕੁ ਕੋ ਨਹੀ ਨਾ ਕੋ ਕੰਟਕੁ ਵੈਰਾਈ ॥ ਨਿਹਚਲ ਰਾਜੁ ਹੈ ਸਦਾ ਤਿਸੁ ਕੇਰਾ ਨਾ ਆਵੈ ਨਾ ਜਾਈ ॥ {ਪੰਨਾ 592}

ਪਦਅਰਥ:- ਕੰਟਕੁ—ਕੰਡਾ ।

ਅਰਥ:- ਉਸ ਅਲੱਖ ਹਰੀ ਦਾ ਕੋਈ ਸ਼ਰੀਕ ਨਹੀਂ, ਨਾ ਕੋਈ ਦੁਖੀ ਕਰਨ ਵਾਲਾ (ਕੰਟਕ-ਰੂਪ) ਉਸ ਦਾ ਵੈਰੀ ਹੈ; ਉਸ ਦਾ ਰਾਜ ਸਦਾ ਅਟੱਲ ਹੈ, ਨਾ ਉਹ ਜੰਮਦਾ ਹੈ ਨਾ ਮਰਦਾ ਹੈ ।

ਅਨਦਿਨੁ ਸੇਵਕੁ ਸੇਵਾ ਕਰੇ ਹਰਿ ਸਚੇ ਕੇ ਗੁਣ ਗਾਈ ॥ ਨਾਨਕੁ ਵੇਖਿ ਵਿਗਸਿਆ ਹਰਿ ਸਚੇ ਕੀ ਵਡਿਆਈ ॥੨॥ {ਪੰਨਾ 592}

ਪਦਅਰਥ:- ਵਿਗਸਿਆ—ਖਿੜ ਰਿਹਾ ਹੈ ।

ਅਰਥ:- (ਸੱਚਾ) ਸੇਵਕ ਉਸ ਸੱਚੇ ਹਰੀ ਦੀ ਸਿਫ਼ਤਿ-ਸਾਲਾਹ ਕਰ ਕੇ ਹਰ ਵੇਲੇ ਉਸ ਦਾ ਸਿਮਰਨ ਕਰਦਾ ਹੈ; ਨਾਨਕ (ਭੀ ਉਸ) ਸੱਚੇ ਦੀ ਵਡਿਆਈ ਵੇਖ ਕੇ ਪ੍ਰਸੰਨ ਹੋ ਰਿਹਾ ਹੈ ।੨।

ਪਉੜੀ ॥ ਜਿਨ ਕੈ ਹਰਿ ਨਾਮੁ ਵਸਿਆ ਸਦ ਹਿਰਦੈ ਹਰਿ ਨਾਮੋ ਤਿਨ ਕੰਉ ਰਖਣਹਾਰਾ ॥ ਹਰਿ ਨਾਮੁ ਪਿਤਾ ਹਰਿ ਨਾਮੋ ਮਾਤਾ ਹਰਿ ਨਾਮੁ ਸਖਾਈ ਮਿਤ੍ਰੁ ਹਮਾਰਾ ॥ {ਪੰਨਾ 592}

ਪਦਅਰਥ:- ਹਮਾਰਾ—ਭਾਵ, ਭਗਤ ਜਨਾਂ ਦਾ ।

ਅਰਥ:- ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਸਦਾ ਹਰੀ ਦਾ ਨਾਮ ਵੱਸਦਾ ਹੈ, ਉਹਨਾਂ ਨੂੰ ਰੱਖਣ ਵਾਲਾ ਹਰੀ ਦਾ ਨਾਮ ਹੀ ਹੁੰਦਾ ਹੈ । (ਉਹਨਾਂ ਦਾ ਯਕੀਨ ਬਣ ਜਾਂਦਾ ਹੈ ਕਿ) ਹਰੀ ਦਾ ਨਾਮ ਹੀ ਸਾਡਾ ਮਾਂ ਪਿਉ ਹੈ ਤੇ ਨਾਮ ਹੀ ਸਾਡਾ ਸਖਾ ਤੇ ਮਿਤ੍ਰ ਹੈ ।

ਹਰਿ ਨਾਵੈ ਨਾਲਿ ਗਲਾ ਹਰਿ ਨਾਵੈ ਨਾਲਿ ਮਸਲਤਿ ਹਰਿ ਨਾਮੁ ਹਮਾਰੀ ਕਰਦਾ ਨਿਤ ਸਾਰਾ ॥ ਹਰਿ ਨਾਮੁ ਹਮਾਰੀ ਸੰਗਤਿ ਅਤਿ ਪਿਆਰੀ ਹਰਿ ਨਾਮੁ ਕੁਲੁ ਹਰਿ ਨਾਮੁ ਪਰਵਾਰਾ ॥ {ਪੰਨਾ 592}

ਪਦਅਰਥ:- ਮਸਲਤਿ—ਸਾਲਾਹ ।

ਅਰਥ:- ਹਰੀ ਦੇ ਨਾਮ ਨਾਲ ਹੀ ਸਾਡੀਆਂ ਗੱਲਾਂ, ਤੇ ਨਾਮ ਨਾਲ ਹੀ ਸਲਾਹ ਹੈ; ਨਾਮ ਹੀ ਸਦਾ

ਸਾਡੀ ਸਾਰ ਲੈਂਦਾ ਹੈ; ਹਰੀ ਦਾ ਨਾਮ ਹੀ ਸਾਡੀ ਪਿਆਰੀ ਸੰਗਤਿ ਹੈ, ਤੇ ਨਾਮ ਹੀ ਸਾਡੀ ਕੁਲ ਤੇ ਪਰਵਾਰ ਹੈ ।

ਜਨ ਨਾਨਕ ਕੰਉ ਹਰਿ ਨਾਮੁ ਹਰਿ ਗੁਰਿ ਦੀਆ ਹਰਿ ਹਲਤਿ ਪਲਤਿ ਸਦਾ ਕਰੇ ਨਿਸਤਾਰਾ ॥੧੫॥ {ਪੰਨਾ 592}

ਪਦਅਰਥ:- ਗੁਰਿ—ਗੁਰੂ ਨੇ । ਹਲਤਿ—ਇਸ ਲੋਕ ਵਿਚ । ਪਲਤਿ—ਪਰਲੋਕ ਵਿਚ ।

ਅਰਥ:- ਦਾਸ ਨਾਨਕ ਨੂੰ ਭੀ ਗੁਰੂ ਨੇ (ਉਸ) ਹਰੀ ਦਾ ਨਾਮ ਦਿੱਤਾ ਹੈ ਜੋ ਇਸ ਲੋਕ ਵਿਚ ਤੇ ਪਰਲੋਕ ਵਿਚ ਪਾਰ-ਉਤਾਰਾ ਕਰਦਾ ਹੈ ।੧੫।

ਸਲੋਕੁ ਮः ੩ ॥ ਜਿਨ ਕੰਉ ਸਤਿਗੁਰੁ ਭੇਟਿਆ ਸੇ ਹਰਿ ਕੀਰਤਿ ਸਦਾ ਕਮਾਹਿ ॥ ਅਚਿੰਤੁ ਹਰਿ ਨਾਮੁ ਤਿਨ ਕੈ ਮਨਿ ਵਸਿਆ ਸਚੈ ਸਬਦਿ ਸਮਾਹਿ ॥ {ਪੰਨਾ 592}

ਅਰਥ:- ਜਿਨ੍ਹਾਂ ਨੂੰ ਸਤਿਗੁਰੂ ਮਿਲਿਆ ਹੈ, ਉਹ ਸਦਾ ਹਰੀ ਦੀ ਸਿਫ਼ਤਿ-ਸਾਲਾਹ ਕਰਦੇ ਹਨ; ਚਿੰਤਾ ਤੋਂ ਰਹਿਤ (ਕਰਨ ਵਾਲੇ) ਹਰੀ ਦਾ ਨਾਮ ਉਹਨਾਂ ਦੇ ਮਨ ਵਿਚ ਵੱਸਦਾ ਹੈ ਤੇ ਉਹ ਸਤਿਗੁਰੂ ਦੇ ਸੱਚੇ ਸ਼ਬਦ ਵਿਚ ਲੀਨ ਰਹਿੰਦੇ ਹਨ ।

ਕੁਲੁ ਉਧਾਰਹਿ ਆਪਣਾ ਮੋਖ ਪਦਵੀ ਆਪੇ ਪਾਹਿ ॥ ਪਾਰਬ੍ਰਹਮੁ ਤਿਨ ਕੰਉ ਸੰਤੁਸਟੁ ਭਇਆ ਜੋ ਗੁਰ ਚਰਨੀ ਜਨ ਪਾਹਿ ॥ {ਪੰਨਾ 592}

ਪਦਅਰਥ:- ਮੋਖ—(ਵਿਕਾਰਾਂ ਤੋਂ) ਖ਼ਲਾਸੀ । ਪਦਵੀ—ਦਰਜਾ । ਪਾਹਿ—ਪੈਂਦੇ ਹਨ ।

ਅਰਥ:- ਉਹ ਮਨੁੱਖ ਆਪਣੀ ਕੁਲ ਨੂੰ ਤਾਰ ਲੈਂਦੇ ਹਨ ਤੇ ਆਪ ਭੀ ਮੁਕਤੀ ਦਾ ਦਰਜਾ ਹਾਸਲ ਕਰ ਲੈਂਦੇ ਹਨ । ਜੋ ਮਨੁੱਖ ਸਤਿਗੁਰੂ ਦੀ ਚਰਨੀਂ ਲੱਗਦੇ ਹਨ, ਉਹਨਾਂ ਤੇ ਪਰਮਾਤਮਾ ਪ੍ਰਸੰਨ ਹੋ ਜਾਂਦਾ ਹੈ ।

ਜਨੁ ਨਾਨਕੁ ਹਰਿ ਕਾ ਦਾਸੁ ਹੈ ਕਰਿ ਕਿਰਪਾ ਹਰਿ ਲਾਜ ਰਖਾਹਿ ॥੧॥ {ਪੰਨਾ 592}

ਅਰਥ:- ਦਾਸ ਨਾਨਕ (ਭੀ) ਉਸ ਹਰੀ ਦਾ ਦਾਸ ਹੈ, ਹਰੀ ਮੇਹਰ ਕਰ ਕੇ (ਆਪਣੇ ਦਾਸ ਦੀ) ਲਾਜ ਰੱਖਦਾ ਹੈ ।੧।

ਮः ੩ ॥ ਹੰਉਮੈ ਅੰਦਰਿ ਖੜਕੁ ਹੈ ਖੜਕੇ ਖੜਕਿ ਵਿਹਾਇ ॥ ਹੰਉਮੈ ਵਡਾ ਰੋਗੁ ਹੈ ਮਰਿ ਜੰਮੈ ਆਵੈ ਜਾਇ ॥ {ਪੰਨਾ 592}

ਅਰਥ:- ਅਹੰਕਾਰ ਵਿਚ ਰਿਹਾਂ ਮਨੁੱਖ ਦੇ ਮਨ ਵਿਚ ਅਸ਼ਾਂਤੀ ਬਣੀ ਰਹਿੰਦੀ ਹੈ ਤੇ ਉਸ ਦੀ ਉਮਰ ਇਸ ਅਸ਼ਾਂਤੀ ਵਿਚ ਹੀ ਗੁਜ਼ਰ ਜਾਂਦੀ ਹੈ; ਅਹੰਕਾਰ (ਮਨੁੱਖ ਲਈ) ਇਕ ਤਗੜਾ ਰੋਗ ਹੈ (ਇਸ ਰੋਗ ਵਿਚ ਹੀ) ਮਨੁੱਖ ਮਰਦਾ ਹੈ, ਜੰਮਦਾ ਹੈ, ਆਉਂਦਾ ਹੈ ਫੇਰ ਜਾਂਦਾ ਹੈ (ਭਾਵ, ਜੰਮਣ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ) ।

ਜਿਨ ਕਉ ਪੂਰਬਿ ਲਿਖਿਆ ਤਿਨਾ ਸਤਗੁਰੁ ਮਿਲਿਆ ਪ੍ਰਭੁ ਆਇ ॥ ਨਾਨਕ ਗੁਰ ਪਰਸਾਦੀ ਉਬਰੇ ਹਉਮੈ ਸਬਦਿ ਜਲਾਇ ॥੨॥ {ਪੰਨਾ 592}

ਅਰਥ:- ਜਿਨ੍ਹਾਂ ਦੇ ਹਿਰਦੇ ਵਿਚ ਮੁੱਢ ਤੋਂ (ਕੀਤੇ ਕਰਮਾਂ ਦਾ ਸੰਸਕਾਰ-ਰੂਪ ਲੇਖ) ਉੱਕਰਿਆ ਹੋਇਆ ਹੈ, ਉਹਨਾਂ ਨੂੰ ਸਤਿਗੁਰੂ ਮਿਲਦਾ ਹੈ (ਤੇ ਸਤਿਗੁਰੂ ਦੇ ਮਿਲਿਆਂ) ਪਰਮਾਤਮਾ (ਭੀ) ਆ ਮਿਲਦਾ ਹੈ; ਹੇ ਨਾਨਕ! ਉਹ ਮਨੁੱਖ ਸਤਿਗੁਰੂ ਦੇ ਸ਼ਬਦ ਦੀ ਰਾਹੀਂ ਹਉਮੈ ਦੂਰ ਕਰ ਕੇ ਸਤਿਗੁਰੂ ਦੀ ਕਿਰਪਾ ਨਾਲ (‘ਹਉਮੈ ਰੋਗ’ ਤੋਂ) ਬਚ ਜਾਂਦੇ ਹਨ ।੨।

ਪਉੜੀ ॥ ਹਰਿ ਨਾਮੁ ਹਮਾਰਾ ਪ੍ਰਭੁ ਅਬਿਗਤੁ ਅਗੋਚਰੁ ਅਬਿਨਾਸੀ ਪੁਰਖੁ ਬਿਧਾਤਾ ॥ ਹਰਿ ਨਾਮੁ ਹਮ ਸ੍ਰੇਵਹ ਹਰਿ ਨਾਮੁ ਹਮ ਪੂਜਹ ਹਰਿ ਨਾਮੇ ਹੀ ਮਨੁ ਰਾਤਾ ॥ {ਪੰਨਾ 592}

ਪਦਅਰਥ:- ਅਬਿਗਤੁ—ਅਵਿਅਕਤ, ਅਦ੍ਰਿਸ਼ਟ । ਅਗੋਚਰ—ਅ-ਗੋ-ਚਰ, ਇੰਦ੍ਰਿਆਂ ਦੀ ਪਹੁੰਚ ਤੋਂ ਪਰੇ । ਬਿਧਾਤਾ—ਪੈਦਾ ਕਰਨ ਵਾਲਾ ।

ਅਰਥ:- ਜੋ ਹਰੀ ਅਦ੍ਰਿਸ਼ਟ ਹੈ, ਜੋ ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, ਨਾਸ ਤੋਂ ਰਹਿਤ ਹੈ, ਹਰ ਥਾਂ ਵਿਆਪਕ ਹੈ ਤੇ ਸਿਰਜਣਹਾਰ ਹੈ, ਉਸ ਦਾ ਨਾਮ ਸਾਡਾ (ਰਾਖਾ) ਹੈ; ਅਸੀ ਉਸ ਹਰੀ-ਨਾਮ ਨੂੰ ਸੇਂਵਦੇ ਹਾਂ, ਨਾਮ ਨੂੰ ਪੂਜਦੇ ਹਾਂ, ਨਾਮ ਵਿਚ ਹੀ ਸਾਡਾ ਮਨ ਰੱਤਾ ਹੋਇਆ ਹੈ ।

ਹਰਿ ਨਾਮੈ ਜੇਵਡੁ ਕੋਈ ਅਵਰੁ ਨ ਸੂਝੈ ਹਰਿ ਨਾਮੋ ਅੰਤਿ ਛਡਾਤਾ ॥ ਹਰਿ ਨਾਮੁ ਦੀਆ ਗੁਰਿ ਪਰਉਪਕਾਰੀ ਧਨੁ ਧੰਨੁ ਗੁਰੂ ਕਾ ਪਿਤਾ ਮਾਤਾ ॥ {ਪੰਨਾ 592}

ਪਦਅਰਥ:- ਅੰਤਿ—ਅਖ਼ੀਰ ਵੇਲੇ । ਗੁਰਿ—ਗੁਰੂ ਨੇ ।

ਅਰਥ:- ਹਰੀ ਦੇ ਨਾਮ ਜੇਡਾ ਮੈਨੂੰ ਕੋਈ ਹੋਰ ਸੁੱਝਦਾ ਨਹੀਂ, ਨਾਮ ਹੀ ਅਖ਼ੀਰ ਵੇਲੇ ਛਡਾਉਂਦਾ ਹੈ । ਧੰਨ ਹੈ ਉਸ ਪਰਉਪਕਾਰੀ ਸਤਿਗੁਰੂ ਦਾ ਮਾਂ ਪਿਉ, ਜਿਸ ਗੁਰੂ ਨੇ ਸਾਨੂੰ ਨਾਮ ਬਖ਼ਸ਼ਿਆ ਹੈ ।

ਹੰਉ ਸਤਿਗੁਰ ਅਪੁਣੇ ਕੰਉ ਸਦਾ ਨਮਸਕਾਰੀ ਜਿਤੁ ਮਿਲਿਐ ਹਰਿ ਨਾਮੁ ਮੈ ਜਾਤਾ ॥੧੬॥ {ਪੰਨਾ 592}

ਪਦਅਰਥ:- ਜਾਤਾ—ਪਛਾਣਿਆ, ਸਮਝਿਆ ।

ਅਰਥ:- ਮੈਂ ਆਪਣੇ ਸਤਿਗੁਰੂ ਨੂੰ ਸਦਾ ਨਮਸਕਾਰ ਕਰਦਾ ਹਾਂ, ਜਿਸ ਦੇ ਮਿਲਣ ਤੇ ਮੈਨੂੰ ਹਰੀ ਦੇ ਨਾਮ ਦੀ ਸਮਝ ਪਈ ਹੈ ।੧੬।

ਸਲੋਕੁ ਮਃ ੩ ॥ ਗੁਰਮੁਖਿ ਸੇਵ ਨ ਕੀਨੀਆ ਹਰਿ ਨਾਮਿ ਨ ਲਗੋ ਪਿਆਰੁ ॥ ਸਬਦੈ ਸਾਦੁ ਨ ਆਇਓ ਮਰਿ ਜਨਮੈ ਵਾਰੋ ਵਾਰ ॥ ਮਨਮੁਖਿ ਅੰਧੁ ਨ ਚੇਤਈ ਕਿਤੁ ਆਇਆ ਸੈਸਾਰਿ ॥ {ਪੰਨਾ 592}

ਪਦਅਰਥ:- ਕਿਤੁ—ਕਾਹਦੇ ਲਈ । ਸੈਸਾਰਿ—ਸੰਸਾਰ ਵਿਚ ।

ਅਰਥ:- ਅੰਨ੍ਹੇ ਮਨਮੁਖ ਨੇ ਸਤਿਗੁਰੂ ਦੇ ਸਨਮੁਖ ਹੋ ਕੇ ਨਾ ਸੇਵਾ ਕੀਤੀ, ਨਾ ਪਰਮਾਤਮਾ ਦੇ ਨਾਮ

ਵਿਚ ਉਸ ਦਾ ਪਿਆਰ ਹੀ ਲੱਗਾ, ਸ਼ਬਦ ਵਿਚ ਰਸ ਭੀ ਨਾ ਆਇਆ, (ਤਾਹੀਏਂ) ਘੜੀ ਮੁੜੀ ਜੰਮਦਾ ਮਰਦਾ ਹੈ; ਜੇ ਅੰਨ੍ਹਾ ਮਨਮੁਖ ਹਰੀ ਨੂੰ ਯਾਦ ਨਹੀਂ ਕਰਦਾ ਤਾਂ ਸੰਸਾਰ ਵਿਚ ਆਉਣ ਦਾ ਕੀਹ ਲਾਭ (ਉਸ ਨੇ ਖੱਟਿਆ)?

ਨਾਨਕ ਜਿਨ ਕਉ ਨਦਰਿ ਕਰੇ ਸੇ ਗੁਰਮੁਖਿ ਲੰਘੇ ਪਾਰਿ ॥੧॥ {ਪੰਨਾ 592}

ਅਰਥ:- ਹੇ ਨਾਨਕ! ਜਿਨ੍ਹਾਂ ਮਨੁੱਖਾਂ ਤੇ ਮੇਹਰ ਦੀ ਨਜ਼ਰ ਕਰਦਾ ਹੈ, ਉਹ ਸਤਿਗੁਰੂ ਦੇ ਸਨਮੁਖ ਹੋ ਕੇ (ਸੰਸਾਰ ਸਾਗਰ ਤੋਂ) ਪਾਰ ਉਤਰਦੇ ਹਨ ।੧।

ਮਃ ੩ ॥ ਇਕੋ ਸਤਿਗੁਰੁ ਜਾਗਤਾ ਹੋਰੁ ਜਗੁ ਸੂਤਾ ਮੋਹਿ ਪਿਆਸਿ ॥ ਸਤਿਗੁਰੁ ਸੇਵਨਿ ਜਾਗੰਨਿ ਸੇ ਜੋ ਰਤੇ ਸਚਿ ਨਾਮਿ ਗੁਣਤਾਸਿ ॥ {ਪੰਨਾ 592}

ਪਦਅਰਥ:- ਗੁਣਤਾਸਿ—ਗੁਣਾਂ ਦੇ ਖ਼ਜ਼ਾਨੇ ਪ੍ਰਭੂ ਵਿਚ ।

ਅਰਥ:- ਇਕ ਸਤਿਗੁਰੂ ਹੀ ਸੁਚੇਤ ਹੈ, ਹੋਰ ਸਾਰਾ ਸੰਸਾਰ (ਮਾਇਆ ਦੇ) ਮੋਹ ਵਿਚ ਤੇ ਤ੍ਰਿਸ਼ਨਾ ਵਿਚ ਸੁੱਤਾ ਹੋਇਆ ਹੈ; ਜੋ ਮਨੁੱਖ ਸਤਿਗੁਰੂ ਦੀ ਸੇਵਾ ਕਰਦੇ ਹਨ ਤੇ ਗੁਣਾਂ ਦੇ ਖ਼ਜ਼ਾਨੇ ਸੱਚੇ ਨਾਮ ਵਿਚ ਰੱਤੇ ਹੋਏ ਹਨ, (ਉਹ) ਜਾਗਦੇ ਹਨ ।

ਮਨਮੁਖਿ ਅੰਧ ਨ ਚੇਤਨੀ ਜਨਮਿ ਮਰਿ ਹੋਹਿ ਬਿਨਾਸਿ ॥ ਨਾਨਕ ਗੁਰਮੁਖਿ ਤਿਨੀ ਨਾਮੁ ਧਿਆਇਆ ਜਿਨ ਕੰਉ ਧੁਰਿ ਪੂਰਬਿ ਲਿਖਿਆਸਿ ॥੨॥ {ਪੰਨਾ 593}

ਅਰਥ:- ਅੰਨ੍ਹੇ ਮਨਮੁਖ ਹਰੀ ਨੂੰ ਸਿਮਰਦੇ ਨਹੀਂ, ਜਨਮ ਮਰਨ ਦੇ ਗੇੜ ਵਿਚ ਪੈ ਕੇ ਤਬਾਹ ਹੋ ਰਹੇ ਹਨ; ਹੇ ਨਾਨਕ! ਗੁਰੂ ਦੇ ਸਨਮੁਖ ਹੋ ਕੇ ਉਹਨਾਂ ਨੇ ਨਾਮ ਸਿਮਰਿਆ ਹੈ, ਜਿਨ੍ਹਾਂ ਦੇ ਹਿਰਦੇ ਵਿਚ ਧੁਰ ਮੁੱਢ ਤੋਂ (ਕੀਤੇ ਭਲੇ ਕੰਮਾਂ ਦੇ ਸੰਸਕਾਰਾਂ ਅਨੁਸਾਰ ਲੇਖ) ਲਿਖਿਆ ਪਿਆ ਹੈ ।੨।

ਪਉੜੀ ॥ ਹਰਿ ਨਾਮੁ ਹਮਾਰਾ ਭੋਜਨੁ ਛਤੀਹ ਪਰਕਾਰ ਜਿਤੁ ਖਾਇਐ ਹਮ ਕਉ ਤ੍ਰਿਪਤਿ ਭਈ ॥ ਹਰਿ ਨਾਮੁ ਹਮਾਰਾ ਪੈਨਣੁ ਜਿਤੁ ਫਿਰਿ ਨੰਗੇ ਨ ਹੋਵਹ ਹੋਰ ਪੈਨਣ ਕੀ ਹਮਾਰੀ ਸਰਧ ਗਈ ॥ {ਪੰਨਾ 593}

ਪਦਅਰਥ:- ਤ੍ਰਿਪਤਿ—ਰੱਜ । ਪੈਨਣੁ—ਪੁਸ਼ਾਕ । ਸਰਧ—ਚਾਹ, ਇੱਛਾ ।

ਅਰਥ:- ਹਰੀ ਦਾ ਨਾਮ ਸਾਡਾ ਛੱਤੀ (੩੬) ਤਰ੍ਹਾਂ ਦਾ (ਭਾਵ, ਕਈ ਸੁਆਦਾਂ ਵਾਲਾ) ਭੋਜਨ ਹੈ, ਜਿਸ ਨੂੰ ਖਾ ਕੇ ਅਸੀ ਰੱਜ ਗਏ ਹਾਂ (ਭਾਵ, ਮਾਇਕ ਪਦਾਰਥਾਂ ਵਲੋਂ ਤ੍ਰਿਪਤ ਹੋ ਗਏ ਹਾਂ) ਹਰੀ ਦਾ ਨਾਮ ਹੀ ਸਾਡੀ ਪੁਸ਼ਾਕ ਹੈ ਜਿਸ ਨੂੰ ਪਹਿਨ ਕੇ ਕਦੇ ਬੇ-ਪੜਦਾ ਨਾਹ ਹੋਵਾਂਗੇ, ਤੇ ਹੋਰ (ਸੁੰਦਰ) ਪੁਸ਼ਾਕਾਂ ਪਾਉਣ ਦੀ ਸਾਡੀ ਚਾਹ ਦੂਰ ਹੋ ਗਈ ਹੈ ।

ਹਰਿ ਨਾਮੁ ਹਮਾਰਾ ਵਣਜੁ ਹਰਿ ਨਾਮੁ ਵਾਪਾਰੁ ਹਰਿ ਨਾਮੈ ਕੀ ਹਮ ਕੰਉ ਸਤਿਗੁਰਿ ਕਾਰਕੁਨੀ ਦੀਈ ॥ ਹਰਿ ਨਾਮੈ ਕਾ ਹਮ ਲੇਖਾ ਲਿਖਿਆ ਸਭ ਜਮ ਕੀ ਅਗਲੀ ਕਾਣਿ ਗਈ ॥ {ਪੰਨਾ 593}

ਪਦਅਰਥ:- ਕਾਰਕੁਨੀ—ਮੁਖ਼ਤਿਆਰੀ । ਅਗਲੀ—ਪਹਿਲੀ । ਕਾਣਿ—ਮੁਥਾਜੀ ।

ਅਰਥ:- ਹਰੀ ਦਾ ਨਾਮ ਸਾਡਾ ਵਣਜ, ਨਾਮ ਹੀ ਸਾਡਾ ਵਪਾਰ ਹੈ ਤੇ ਸਤਿਗੁਰੂ ਨੇ ਸਾਨੂੰ ਨਾਮ ਦੀ ਹੀ ਮੁਖ਼ਤਿਆਰੀ ਦਿੱਤੀ ਹੈ; ਹਰੀ ਦੇ ਨਾਮ ਦਾ ਹੀ ਅਸਾਂ ਲੇਖਾ ਲਿਖਿਆ ਹੈ, (ਜਿਸ ਲੇਖੇ ਕਰ ਕੇ) ਜਮ ਦੀ ਪਹਿਲੀ ਖ਼ੁਸ਼ਾਮਦ ਦੂਰ ਹੋ ਗਈ ਹੈ ।

ਹਰਿ ਕਾ ਨਾਮੁ ਗੁਰਮੁਖਿ ਕਿਨੈ ਵਿਰਲੈ ਧਿਆਇਆ ਜਿਨ ਕੰਉ ਧੁਰਿ ਕਰਮਿ ਪਰਾਪਤਿ ਲਿਖਤੁ ਪਈ ॥੧੨॥ {ਪੰਨਾ 593}

ਅਰਥ:- ਪਰ ਕਿਸੇ ਵਿਰਲੇ ਗੁਰਮੁਖ ਨੇ ਨਾਮ ਸਿਮਰਿਆ ਹੈ (ਉਹੀ ਸਿਮਰਦੇ ਹਨ) ਜਿਨ੍ਹਾਂ ਨੂੰ ਧੁਰੋਂ ਬਖ਼ਸ਼ਸ਼ ਦੀ ਰਾਹੀਂ (ਪਿਛਲੇ ਕੀਤੇ ਕੰਮਾਂ ਦੇ ਸੰਸਕਾਰਾਂ ਅਨੁਸਾਰ ਉੱਕਰੇ ਹੋਏ) ਲੇਖ ਦੀ ਪਰਾਪਤੀ ਹੋਈ ਹੈ ।੧੨।

ਸਲੋਕ ਮਃ ੩ ॥ ਜਗਤੁ ਅਗਿਆਨੀ ਅੰਧੁ ਹੈ ਦੂਜੈ ਭਾਇ ਕਰਮ ਕਮਾਇ ॥ ਦੂਜੈ ਭਾਇ ਜੇਤੇ ਕਰਮ ਕਰੇ ਦੁਖੁ ਲਗੈ ਤਨਿ ਧਾਇ ॥ {ਪੰਨਾ 593}

ਪਦਅਰਥ:- ਤਨਿ—ਸਰੀਰ ਵਿਚ ।

ਅਰਥ:- ਸੰਸਾਰ ਅੰਨ੍ਹਾ ਤੇ ਅਗਿਆਨੀ ਹੈ, ਮਾਇਆ ਦੇ ਮੋਹ ਵਿਚ ਕੰਮ ਕਰ ਰਿਹਾ ਹੈ; (ਪਰ) ਮਾਇਆ ਦੇ ਮੋਹ ਵਿਚ ਜਿਤਨੇ ਭੀ ਕਰਮ ਕਰਦਾ ਹੈ (ਉਤਨਾ ਹੀ) ਸਰੀਰ ਨੂੰ ਦੁੱਖ ਧਾ ਕੇ ਲੱਗਦਾ ਹੈ (ਭਾਵ, ਖ਼ਾਸ ਤੌਰ ਤੇ ਦੁੱਖ ਲੱਗਦਾ ਹੈ) ।

ਗੁਰ ਪਰਸਾਦੀ ਸੁਖੁ ਊਪਜੈ ਜਾ ਗੁਰ ਕਾ ਸਬਦੁ ਕਮਾਇ ॥ ਸਚੀ ਬਾਣੀ ਕਰਮ ਕਰੇ ਅਨਦਿਨੁ ਨਾਮੁ ਧਿਆਇ ॥ {ਪੰਨਾ 593}

ਅਰਥ:- ਜੇ ਜਗਤ ਗੁਰੂ ਦਾ ਸ਼ਬਦ ਕਮਾਏ, ਸੱਚੀ ਬਾਣੀ ਦੀ ਰਾਹੀਂ ਹਰ ਵੇਲੇ ਨਾਮ ਸਿਮਰਨ ਦੇ ਕਰਮ ਕਰੇ, ਤਾਂ ਸਤਿਗੁਰੂ ਦੀ ਮੇਹਰ ਨਾਲ ਸੁਖ ਉਪਜਦਾ ਹੈ ।

ਨਾਨਕ ਜਿਤੁ ਆਪੇ ਲਾਏ ਤਿਤੁ ਲਗੇ ਕਹਣਾ ਕਿਛੂ ਨ ਜਾਇ ॥੧॥ {ਪੰਨਾ 593}

ਅਰਥ:- ਹੇ ਨਾਨਕ! ਕੋਈ ਗੱਲ ਆਖ ਨਹੀਂ ਸਕੀਦੀ, ਜਿੱਧਰ ਆਪ ਹਰੀ (ਜੀਵਾਂ ਨੂੰ) ਜੋੜਦਾ ਹੈ, ਉਧਰ ਹੀ ਜੁੜਦੇ ਹਨ ।੧।

ਮਃ ੩ ॥ ਹਮ ਘਰਿ ਨਾਮੁ ਖਜਾਨਾ ਸਦਾ ਹੈ ਭਗਤਿ ਭਰੇ ਭੰਡਾਰਾ ॥ ਸਤਗੁਰੁ ਦਾਤਾ ਜੀਅ ਕਾ ਸਦ ਜੀਵੈ ਦੇਵਣਹਾਰਾ ॥ {ਪੰਨਾ 593}

ਪਦਅਰਥ:- ਜੀਅ ਕਾ ਦਾਤਾ—ਜਿੰਦ-ਦਾਤਾ, ਆਤਮਕ ਜੀਵਨ ਦੇਣ ਵਾਲਾ ।

ਅਰਥ:- ਸਾਡੇ (ਹਿਰਦੇ-ਰੂਪ) ਘਰ ਵਿਚ ਸਦਾ ਨਾਮ (ਰੂਪ) ਖ਼ਜ਼ਾਨਾ (ਮੌਜੂਦ) ਹੈ ਤੇ ਭਗਤੀ ਦੇ ਭੰਡਾਰ ਭਰੇ ਹੋਏ ਹਨ, (ਕਿਉਂਕਿ) ਆਤਮਕ ਜੀਵਨ ਦੇਣ ਵਾਲਾ ਸਤਿਗੁਰੂ ਸਦਾ ਅਸਾਡੇ ਸਿਰ ਤੇ ਕਾਇਮ ਹੈ ।

ਅਨਦਿਨੁ ਕੀਰਤਨੁ ਸਦਾ ਕਰਹਿ ਗੁਰ ਕੈ ਸਬਦਿ ਅਪਾਰਾ ॥ ਸਬਦੁ ਗੁਰੂ ਕਾ ਸਦ ਉਚਰਹਿ ਜੁਗੁ ਜੁਗੁ ਵਰਤਾਵਣਹਾਰਾ ॥ {ਪੰਨਾ 593}

ਪਦਅਰਥ:– ਅਨਦਿਨੁ—ਹਰ ਰੋਜ਼ । ਜੁਗੁ ਜੁਗੁ—ਹਰੇਕ ਜੁਗ ਵਿਚ ।

ਅਰਥ:– (ਨਾਮ ਖ਼ਜ਼ਾਨੇ ਦੀ ਬਰਕਤਿ ਨਾਲ) ਅਸੀ ਸਤਿਗੁਰੂ ਦੇ ਅਪਾਰ ਸ਼ਬਦ ਦੀ ਰਾਹੀਂ ਸਦਾ ਹਰ ਵੇਲੇ ਹਰੀ ਦੇ ਗੁਣ ਗਾਉਂਦੇ ਹਾਂ, ਤੇ ਸਤਿਗੁਰੂ ਦਾ ਸ਼ਬਦ, ਜੋ ਹਰੇਕ ਜੁਗ ਵਿਚ (ਨਾਮ ਦੀ ਦਾਤਿ) ਵਰਤਾਉਣ ਵਾਲਾ ਹੈ, ਸਦਾ ਉਚਾਰਦੇ ਹਾਂ ।

ਇਹੁ ਮਨੂਆ ਸਦਾ ਸੁਖਿ ਵਸੈ ਸਹਜੇ ਕਰੇ ਵਾਪਾਰਾ ॥ ਅੰਤਰਿ ਗੁਰ ਗਿਆਨੁ ਹਰਿ ਰਤਨੁ ਹੈ ਮੁਕਤਿ ਕਰਾਵਣਹਾਰਾ ॥ {ਪੰਨਾ 593}

ਅਰਥ:– (ਸਤਿਗੁਰੂ ਦੇ ਸ਼ਬਦ ਨਾਲ) ਸਾਡਾ ਇਹ ਮਨ ਸਦਾ ਸੁਖੀ ਰਹਿੰਦਾ ਹੈ ਤੇ ਸੁਤੇ ਹੀ (ਭਾਵ, ਕਿਸੇ ਖ਼ਾਸ ਜਤਨ ਤੋਂ ਬਿਨਾ ਹੀ) ਨਾਮ ਦਾ ਵਾਪਾਰ ਕਰਦਾ ਹੈ ਅਤੇ ਮਨ ਦੇ ਅੰਦਰ ਸਤਿਗੁਰੂ ਦਾ (ਬਖ਼ਸ਼ਿਆ ਹੋਇਆ) ਗਿਆਨ ਤੇ ਮੁਕਤੀ ਕਰਾਉਣ ਵਾਲਾ ਹਰੀ-ਨਾਮ (ਰੂਪ) ਰਤਨ ਵੱਸਦਾ ਹੈ ।

ਨਾਨਕ ਜਿਸ ਨੋ ਨਦਰਿ ਕਰੇ ਸੋ ਪਾਏ ਸੋ ਹੋਵੈ ਦਰਿ ਸਚਿਆਰਾ ॥੨॥ {ਪੰਨਾ 593}

ਅਰਥ:– ਹੇ ਨਾਨਕ! ਜਿਸ ਤੇ ਕ੍ਰਿਪਾ ਦ੍ਰਿਸ਼ਟੀ ਕਰਦਾ ਹੈ, ਉਸ ਨੂੰ (ਇਹ ਦਾਤਿ) ਮਿਲਦੀ ਹੈ ਤੇ ਦਰਗਾਹ ਵਿਚ ਉਹ ਸੁਰਖ਼ਰੂ ਹੋ ਜਾਂਦਾ ਹੈ ।੨।

ਪਉੜੀ ॥ ਧੰਨੁ ਧੰਨੁ ਸੋ ਗੁਰਸਿਖੁ ਕਹੀਐ ਜੋ ਸਤਿਗੁਰ ਚਰਣੀ ਜਾਇ ਪਇਆ ॥ ਧੰਨੁ ਧੰਨੁ ਸੋ ਗੁਰਸਿਖੁ ਕਹੀਐ ਜਿਨਿ ਹਰਿ ਨਾਮਾ ਮੁਖਿ ਰਾਮੁ ਕਹਿਆ ॥ {ਪੰਨਾ 593}

ਅਰਥ:– ਉਸ ਗੁਰਸਿੱਖ ਨੂੰ ਧੰਨ ਧੰਨ ਆਖਣਾ ਚਾਹੀਦਾ ਹੈ ਜੋ ਆਪਣੇ ਸਤਿਗੁਰੂ ਦੀ ਚਰਨੀਂ ਜਾ ਲੱਗਦਾ ਹੈ, ਉਸ ਗੁਰਸਿੱਖ ਨੂੰ ਧੰਨ ਧੰਨ ਆਖਣਾ ਚਾਹੀਦਾ ਹੈ, ਜਿਸ ਨੇ ਮੂੰਹੋਂ ਹਰੀ ਦਾ ਨਾਮ ਉਚਾਰਿਆ ਹੈ ।

ਧੰਨੁ ਧੰਨੁ ਸੋ ਗੁਰਸਿਖੁ ਕਹੀਐ ਜਿਸੁ ਹਰਿ ਨਾਮਿ ਸੁਣਿਐ ਮਨਿ ਅਨਦੁ ਭਇਆ ॥ ਧੰਨੁ ਧੰਨੁ ਸੋ ਗੁਰਸਿਖੁ ਕਹੀਐ ਜਿਨਿ ਸਤਿਗੁਰ ਸੇਵਾ ਕਰਿ ਹਰਿ ਨਾਮੁ ਲਇਆ ॥ {ਪੰਨਾ 593}

ਅਰਥ:– ਉਸ ਗੁਰਸਿੱਖ ਨੂੰ ਧੰਨੁ ਧੰਨੁ ਆਖਣਾ ਚਾਹੀਦਾ ਹੈ, ਜਿਸ ਦੇ ਮਨ ਵਿਚ ਹਰੀ ਦਾ ਨਾਮ ਸੁਣ ਕੇ ਚਾਅ ਪੈਦਾ ਹੁੰਦਾ ਹੈ, ਉਸ ਗੁਰਸਿੱਖ ਨੂੰ ਧੰਨ ਧੰਨ ਆਖਣਾ ਚਾਹੀਦਾ ਹੈ ਜਿਸ ਨੇ ਸਤਿਗੁਰੂ ਦੀ ਸੇਵਾ ਕਰ ਕੇ ਪਰਮਾਤਮਾ ਦਾ ਨਾਮ ਲੱਭਾ ਹੈ ।

ਤਿਸੁ ਗੁਰਸਿਖ ਕੰਉ ਹੰਉ ਸਦਾ ਨਮਸਕਾਰੀ ਜੋ ਗੁਰ ਕੈ ਭਾਣੈ ਗੁਰਸਿਖੁ ਚਲਿਆ ॥੧੮॥ {ਪੰਨਾ 593}

ਅਰਥ:– ਮੈਂ ਸਦਾ ਉਸ ਗੁਰਸਿੱਖ ਅਗੇ ਆਪਣਾ ਸਿਰ ਨਿਵਾਉਂਦਾ ਹਾਂ, ਜੋ ਗੁਰਸਿੱਖ ਸਤਿਗੁਰੂ ਦੇ ਭਾਣੇ ਵਿਚ ਚੱਲਦਾ ਹੈ ।੧੮।

ਸਲੋਕੁ ਮਃ ੩ ॥ ਮਨਹਠਿ ਕਿਨੈ ਨ ਪਾਇਓ ਸਭ ਥਕੇ ਕਰਮ ਕਮਾਇ ॥ ਮਨਹਠਿ ਭੇਖ ਕਰਿ ਭਰਮਦੇ ਦੁਖੁ ਪਾਇਆ ਦੂਜੈ ਭਾਇ ॥ {ਪੰਨਾ 593}

ਅਰਥ:- ਕਿਸੇ ਮਨੁੱਖ ਨੇ ਮਨ ਦੇ ਹਠ ਨਾਲ ਰੱਬ ਨੂੰ ਨਹੀਂ ਲੱਭਾ, ਸਾਰੇ ਜੀਵ (ਭਾਵ, ਕਈ ਮਨੁੱਖ) (ਹਠ ਨਾਲ) ਕਰਮ ਕਰ ਕੇ (ਓੜਕ) ਥੱਕ ਗਏ ਹਨ; ਮਨ ਦੇ ਹਠ ਨਾਲ (ਕਈ ਤਰ੍ਹਾਂ ਦੇ) ਭੇਖ ਕਰ ਕਰ ਕੇ ਭਟਕਦੇ ਹਨ ਤੇ ਮਾਇਆ ਦੇ ਮੋਹ ਵਿਚ ਦੁੱਖ ਉਠਾਉਂਦੇ ਹਨ ।

ਰਿਧਿ ਸਿਧਿ ਸਭੁ ਮੋਹੁ ਹੈ ਨਾਮੁ ਨ ਵਸੈ ਮਨਿ ਆਇ ॥ {ਪੰਨਾ 593}

ਅਰਥ:- ਰਿੱਧੀਆਂ ਤੇ ਸਿੱਧੀਆਂ (ਭੀ) ਨਿਰੋਲ ਮੋਹ (ਰੂਪ) ਹਨ, (ਇਹਨਾਂ ਨਾਲ) ਹਰੀ ਦਾ ਨਾਮ ਹਿਰਦੇ ਵਿਚ ਨਹੀਂ ਵੱਸ ਸਕਦਾ ।

ਗੁਰ ਸੇਵਾ ਤੇ ਮਨੁ ਨਿਰਮਲੁ ਹੋਵੈ ਅਗਿਆਨੁ ਅੰਧੇਰਾ ਜਾਇ ॥ ਨਾਮੁ ਰਤਨੁ ਘਰਿ ਪਰਗਟੁ ਹੋਆ ਨਾਨਕ ਸਹਜਿ ਸਮਾਇ ॥੧॥ {ਪੰਨਾ 593}

ਅਰਥ:- ਸਤਿਗੁਰੂ ਦੀ ਸੇਵਾ ਨਾਲ ਮਨ ਸਾਫ਼ ਹੁੰਦਾ ਹੈ ਤੇ ਅਗਿਆਨ (ਰੂਪ) ਹਨੇਰਾ ਦੂਰ ਹੁੰਦਾ ਹੈ, ਹੇ ਨਾਨਕ! ਨਾਮ (ਰੂਪ) ਰਤਨ ਹਿਰਦੇ ਵਿਚ ਪਰਤੱਖ ਹੋ ਜਾਂਦਾ ਹੈ ਤੇ ਸਹਿਜ ਅਵਸਥਾ ਵਿਚ (ਭਾਵ ਸੁਤੇ ਹੀ ਨਾਮ ਜਪਣ ਵਾਲੀ ਦਸ਼ਾ ਵਿਚ) ਮਨੁੱਖ ਲੀਨ ਹੋ ਜਾਂਦਾ ਹੈ ।੧।

ਮਃ ੩ ॥ ਸਬਦੈ ਸਾਦੁ ਨ ਆਇਓ ਨਾਮਿ ਨ ਲਗੋ ਪਿਆਰੁ ॥ ਰਸਨਾ ਫਿਕਾ ਬੋਲਣਾ ਨਿਤ ਨਿਤ ਹੋਇ ਖੁਆਰੁ ॥ ਨਾਨਕ ਕਿਰਤਿ ਪਇਐ ਕਮਾਵਣਾ ਕੋਇ ਨ ਮੇਟਣਹਾਰੁ ॥੨॥ {ਪੰਨਾ 594}

ਅਰਥ:- ਜਿਸ ਮਨੁੱਖ ਨੂੰ ਸਤਿਗੁਰੂ ਦੇ ਸ਼ਬਦ ਵਿਚ ਰਸ ਨਹੀਂ ਆਉਂਦਾ, ਨਾਮ ਵਿਚ ਜਿਸ ਦਾ ਪਿਆਰ ਨਹੀਂ ਜੁੜਿਆ, ਉਹ ਮਨੁੱਖ ਜੀਭ ਨਾਲ ਫਿੱਕੇ ਬਚਨ ਹੀ ਬੋਲਦਾ ਹੈ ਤੇ ਸਦਾ ਖ਼ੁਆਰ ਹੁੰਦਾ ਹੈ; (ਪਰ) ਹੇ ਨਾਨਕ! (ਉਸ ਦੇ ਭੀ ਕੀਹ ਵੱਸ?) (ਪਿਛਲੇ ਕੀਤੇ ਕੰਮਾਂ ਦੇ) ਉੱਕਰੇ ਹੋਏ (ਸੰਸਕਾਰਾਂ) ਅਨੁਸਾਰ ਉਸ ਨੂੰ (ਹੁਣ ਭੀ ਇਹੋ ਜਿਹੀ ਹੀ) ਕਾਰ ਕਰਨੀ ਪੈਂਦੀ ਹੈ; ਕੋਈ ਮਨੁੱਖ (ਉਸ ਦੇ ਸੰਸਕਾਰਾਂ ਨੂੰ) ਮਿਟਾ ਨਹੀਂ ਸਕਦਾ ।੨।

ਪਉੜੀ ॥ ਧਨੁ ਧਨੁ ਸਤ ਪੁਰਖੁ ਸਤਿਗੁਰੂ ਹਮਾਰਾ ਜਿਤੁ ਮਿਲਿਐ ਹਮ ਕਉ ਸਾਂਤਿ ਆਈ ॥ ਧਨੁ ਧਨੁ ਸਤ ਪੁਰਖੁ ਸਤਿਗੁਰੂ ਹਮਾਰਾ ਜਿਤੁ ਮਿਲਿਐ ਹਮ ਹਰਿ ਭਗਤਿ ਪਾਈ ॥ {ਪੰਨਾ 594}

ਅਰਥ:- ਸਾਡਾ ਸਤਪੁਰਖੁ ਸਤਿਗੁਰੂ ਧੰਨ ਹੈ, ਜਿਸ ਦੇ ਮਿਲਿਆਂ ਸਾਡੇ ਹਿਰਦੇ ਵਿਚ ਠੰਡ ਪਈ ਹੈ, ਤੇ ਜਿਸਦੇ ਮਿਲਿਆਂ ਅਸਾਂ ਪਰਮਾਤਮਾ ਦੀ ਭਗਤੀ ਲੱਭੀ ਹੈ ।

ਧਨੁ ਧਨੁ ਹਰਿ ਭਗਤੁ ਸਤਿਗੁਰੂ ਹਮਾਰਾ ਜਿਸ ਕੀ ਸੇਵਾ ਤੇ ਹਮ ਹਰਿ ਨਾਮਿ ਲਿਵ ਲਾਈ ॥ ਧਨੁ ਧਨੁ ਹਰਿ ਗਿਆਨੀ ਸਤਿਗੁਰੂ ਹਮਾਰਾ ਜਿਨਿ ਵੈਰੀ ਮਿਤ੍ਰੁ ਹਮ ਕਉ ਸਭ ਸਮ ਦ੍ਰਿਸਟਿ ਦਿਖਾਈ ॥ {ਪੰਨਾ 594}

ਅਰਥ:– ਹਰੀ ਦਾ ਭਗਤ ਸਾਡਾ ਸਤਿਗੁਰੂ ਧੰਨ ਹੈ, ਜਿਸ ਦੀ ਸੇਵਾ ਕਰ ਕੇ ਅਸਾਂ ਹਰੀ ਦੇ ਨਾਮ ਵਿਚ ਬਿਰਤੀ ਜੋੜੀ ਹੈ; ਹਰੀ ਦੇ ਗਿਆਨ ਵਾਲਾ ਸਾਡਾ ਸਤਿਗੁਰੂ ਧੰਨ ਹੈ ਜਿਸ ਨੇ ਵੈਰੀ ਕੀਹ ਤੇ ਸਜਨ ਕੀਹ—ਸਭ ਵਾਲ ਸਾਨੂੰ ਏਕਤਾ ਦੀ ਨਜ਼ਰ (ਨਾਲ ਵੇਖਣ ਦੀ ਜਾਚ) ਸਿਖਾਈ ਹੈ ।

ਧਨੁ ਧਨੁ ਸਤਿਗੁਰੂ ਮਿਤ੍ਰ ਹਮਾਰਾ ਜਿਨਿ ਹਰਿ ਨਾਮ ਸਿਉ ਹਮਾਰੀ ਪ੍ਰੀਤਿ ਬਣਾਈ ॥੧੯॥ {ਪੰਨਾ 594}

ਅਰਥ:– ਸਾਡਾ ਸੱਜਣ ਸਤਿਗੁਰੂ ਧੰਨ ਹੈ, ਜਿਸ ਨੇ ਹਰੀ ਦੇ ਨਾਮ ਨਾਲ ਸਾਡਾ ਪਿਆਰ ਬਣਾ ਦਿੱਤਾ ਹੈ ।੧੯।

ਸਲੋਕੁ ਮਃ ੧ ॥ ਘਰ ਹੀ ਮੁੰਧਿ ਵਿਦੇਸਿ ਪਿਰੁ ਨਿਤ ਝੂਰੇ ਸੰਮ੍ਹਾਲੇ ॥ ਮਿਲਦਿਆ ਢਿਲ ਨ ਹੋਵਈ ਜੇ ਨੀਅਤਿ ਰਾਸਿ ਕਰੇ ॥੧॥ {ਪੰਨਾ 594}

ਪਦਅਰਥ:– ਮੁੰਧਿ—ਇਸਤ੍ਰੀ ।

ਅਰਥ:– ਪਤੀ ਤਾਂ ਘਰ (ਭਾਵ, ਹਿਰਦੇ) ਵਿਚ ਹੀ ਹੈ, (ਪਰ ਉਸ ਨੂੰ) ਪਰਦੇਸ ਵਿਚ (ਸਮਝਦੀ ਹੋਈ) ਕਮਲੀ ਇਸਤ੍ਰੀ ਸਦਾ ਝੂਰਦੀ ਹੈ ਤੇ (ਉਸ ਨੂੰ) ਯਾਦ ਕਰਦੀ ਹੈ; ਜੇ ਨੀਯਤ ਸਾਫ਼ ਕਰੇ ਤਾਂ ਮਿਲਦਿਆਂ ਢਿੱਲ ਨਹੀਂ ਲੱਗਦੀ ।੧।

ਮਃ ੧ ॥ ਨਾਨਕ ਗਾਲੀ ਕੂੜੀਆ ਬਾਝੁ ਪਰੀਤਿ ਕਰੇਇ ॥ ਤਿਚਰੁ ਜਾਣੈ ਭਲਾ ਕਰਿ ਜਿਚਰੁ ਲੇਵੈ ਦੇਇ ॥੨॥ {ਪੰਨਾ 594}

ਅਰਥ:– ਹੇ ਨਾਨਕ! (ਹਰੀ ਨਾਲ) ਪਿਆਰ ਕਰਨ ਤੋਂ ਬਿਨਾ (ਭਾਵ, ਪਿਆਰ ਤੋਂ ਸੱਖਣਾ ਜਦ ਤਾਈਂ ਰਹੇ) ਹੋਰ ਗੱਲਾਂ (ਕਰਨੀਆਂ) ਝੂਠੀਆਂ ਹਨ; (ਕਿਉਂਕਿ ਏਸ ਤਰ੍ਹਾਂ) ਤਦ ਤਾਈਂ (ਹਰੀ ਨੂੰ ਜੀਵ) ਚੰਗਾ ਸਮਝਦਾ ਹੈ ਜਦ ਤਾਈਂ (ਹਰੀ) ਦੇਂਦਾ ਹੈ ਤੇ (ਜੀਵ) ਲੈਂਦਾ ਹੈ (ਭਾਵ, ਜਦ ਤਕ ਜੀਵ ਨੂੰ ਕੁਝ ਮਿਲਦਾ ਰਹਿੰਦਾ ਹੈ) ।੨।

ਪਉੜੀ ॥ ਜਿਨਿ ਉਪਾਏ ਜੀਅ ਤਿਨਿ ਹਰਿ ਰਾਖਿਆ ॥ ਅੰਮ੍ਰਿਤੁ ਸਚਾ ਨਾਉ ਭੋਜਨੁ ਚਾਖਿਆ ॥ ਤਿਪਤਿ ਰਹੇ ਆਘਾਇ ਮਿਟੀ ਭਭਾਖਿਆ ॥ {ਪੰਨਾ 594}

ਪਦਅਰਥ:– ਜਿਨਿ—ਜਿਸ ਨੇ । ਤਿਨਿ—ਉਸੇ ਨੇ । ਭਭਾਖਿਆ—ਖਾਣ ਦੀ ਇੱਛਾ ।

ਅਰਥ:– ਜਿਸ ਹਰੀ ਨੇ ਜੀਵ ਪੈਦਾ ਕੀਤੇ ਹਨ, ਉਸੇ ਨੇ ਉਹਨਾਂ ਦੀ ਰੱਖਿਆ ਕੀਤੀ ਹੈ; ਜੋ ਜੀਵ ਉਸ ਹਰੀ ਦਾ ਆਤਮਕ ਜੀਵਨ ਦੇਣ ਵਾਲਾ ਸੱਚਾ ਨਾਮ (ਰੂਪ) ਭੋਜਨ ਛਕਦੇ ਹਨ ਤੇ (ਇਸ ਭੋਜਨ ਨਾਲ) ਉਹ ਬੜੇ ਰੱਜ ਜਾਂਦੇ ਹਨ ਉਹਨਾਂ ਦੀ ਹੋਰ ਖਾਣ ਦੀ ਇੱਛਾ ਮਿਟ ਜਾਂਦੀ ਹੈ ।

ਸਭ ਅੰਦਰਿ ਇਕੁ ਵਰਤੈ ਕਿਨੈ ਵਿਰਲੈ ਲਾਖਿਆ ॥ ਜਨ ਨਾਨਕ ਭਏ ਨਿਹਾਲੁ ਪ੍ਰਭ ਕੀ ਪਾਖਿਆ ॥੨੦॥ {ਪੰਨਾ 594}

ਅਰਥ:– ਸਾਰੇ ਜੀਵਾਂ ਵਿਚ ਇਕ ਪ੍ਰਭੂ ਆਪ ਵਿਆਪਕ ਹੈ, ਪਰ ਕਿਸੇ ਵਿਰਲੇ ਨੇ ਸਮਝਿਆ ਹੈ; ਤੇ ਹੇ ਨਾਨਕ! (ਉਹ ਵਿਰਲਾ) ਦਾਸ ਪ੍ਰਭੂ ਦੇ ਪੱਖ ਕਰ ਕੇ ਖਿੜਿਆ ਰਹਿੰਦਾ ਹੈ ।੨੦।

ਸਲੋਕੁ ਮਃ ੩ ॥ ਸਤਿਗੁਰ ਨੋ ਸਭੁ ਕੋ ਵੇਖਦਾ ਜੇਤਾ ਜਗਤੁ ਸੰਸਾਰੁ ॥ ਡਿਠੈ ਮੁਕਤਿ ਨ ਹੋਵਈ ਜਿਚਰੁ ਸਬਦਿ ਨ ਕਰੇ ਵੀਚਾਰੁ ॥ ਹਉਮੈ ਮੈਲੁ ਨ ਚੁਕਈ ਨਾਮਿ ਨ ਲਗੈ ਪਿਆਰੁ ॥ {ਪੰਨਾ 594}

ਅਰਥ:- ਜਿਤਨਾ ਇਹ ਸਾਰਾ ਸੰਸਾਰ ਹੈ (ਇਸ ਵਿਚ) ਹਰੇਕ ਜੀਵ ਸਤਿਗੁਰੂ ਦੇ ਦਰਸਨ ਕਰਦਾ ਹੈ (ਪਰ) ਨਿਰਾ ਦਰਸ਼ਨ ਕੀਤਿਆਂ ਮੁਕਤੀ ਨਹੀਂ ਮਿਲਦੀ, ਜਦ ਤਾਈਂ ਜੀਵ ਸਤਿਗੁਰੂ ਦੇ ਸ਼ਬਦ ਵਿਚ ਵਿਚਾਰ ਨਹੀਂ ਕਰਦਾ, (ਕਿਉਂਕਿ ਵਿਚਾਰ ਕਰਨ ਤੋਂ ਬਿਨਾ) ਅਹੰਕਾਰ (-ਰੂਪ ਮਨ ਦੀ) ਮੈਲ ਨਹੀਂ ਉਤਰਦੀ ਤੇ ਨਾਮ ਵਿਚ ਪਿਆਰ ਨਹੀਂ ਬਣਦਾ ।

ਇਕਿ ਆਪੇ ਬਖਸਿ ਮਿਲਾਇਅਨੁ ਦੁਬਿਧਾ ਤਜਿ ਵਿਕਾਰ ॥ ਨਾਨਕ ਇਕਿ ਦਰਸਨੁ ਦੇਖਿ ਮਰਿ ਮਿਲੇ ਸਤਿਗੁਰ ਹੇਤਿ ਪਿਆਰਿ ॥੧॥ {ਪੰਨਾ 594}

ਪਦਅਰਥ:- ਮਿਲਾਇਅਨੁ—ਮਿਲਾ ਲਏ ਹਨ ਉਸ ਨੇ । ਦੁਬਿਧਾ—ਦੁਚਿੱਤਾਪਨ, ਮੇਰ-ਤੇਰ ।

ਅਰਥ:- ਕਈ ਮਨੁੱਖਾਂ ਨੂੰ ਪ੍ਰਭੂ ਨੇ ਆਪ ਹੀ ਮੇਹਰ ਕਰ ਕੇ ਮਿਲਾ ਲਿਆ ਹੈ ਜਿਨ੍ਹਾਂ ਨੇ ਮੇਰ-ਤੇਰ ਤੇ ਵਿਕਾਰ ਛੱਡੇ ਹਨ । ਹੇ ਨਾਨਕ! ਕਈ ਮਨੁੱਖ (ਸਤਿਗੁਰੂ ਦਾ) ਦਰਸ਼ਨ ਕਰ ਕੇ ਸਤਿਗੁਰੂ ਦੇ ਪਿਆਰ ਵਿਚ ਬਿਰਤੀ ਜੋੜ ਕੇ ਮਰ ਕੇ (ਭਾਵ, ਆਪਾ ਗਵਾ ਕੇ) ਹਰੀ ਵਿਚ ਮਿਲ ਗਏ ਹਨ ।੧।

ਮਃ ੩ ॥ ਸਤਿਗੁਰੂ ਨ ਸੇਵਿਓ ਮੂਰਖ ਅੰਧ ਗਵਾਰਿ ॥ ਦੂਜੈ ਭਾਇ ਬਹੁਤੁ ਦੁਖੁ ਲਾਗਾ ਜਲਤਾ ਕਰੇ ਪੁਕਾਰ ॥ ਜਿਨ ਕਾਰਣਿ ਗੁਰੂ ਵਿਸਾਰਿਆ ਸੇ ਨ ਉਪਕਰੇ ਅੰਤੀ ਵਾਰ ॥ {ਪੰਨਾ 594}

ਪਦਅਰਥ:- ਗਵਾਰਿ—ਗਵਾਰ ਨੇ । ਜਿਨ ਕਾਰਣਿ—ਜਿਨ੍ਹਾਂ ਦੀ ਖ਼ਾਤਰ । ਉਪਕਰੇ—ਪੁੱਕਰੇ, ਬਹੁੜੇ ।

ਅਰਥ:- ਅੰਨ੍ਹੇ ਮੂਰਖ ਗਵਾਰ ਨੇ ਆਪਣੇ ਸਤਿਗੁਰੂ ਦੀ ਸੇਵਾ ਨਹੀਂ ਕੀਤੀ, ਮਾਇਆ ਦੇ ਪਿਆਰ ਵਿਚ ਜਦੋਂ ਬਹੁਤ ਦੁਖੀ ਹੋਇਆ ਤਦੋਂ ਸੜਦਾ ਹੋਇਆ ਹਾੜੇ ਘੱਤਦਾ ਹੈ; ਤੇ ਜਿਨ੍ਹਾਂ ਦੇ ਵਾਸਤੇ ਸਤਿਗੁਰੂ ਨੂੰ ਵਿਸਾਰਿਆ ਹੈ ਉਹ ਆਖ਼ਰੀ ਵੇਲੇ ਨਹੀਂ ਪੁੱਕਰਦੇ ।

ਨਾਨਕ ਗੁਰਮਤੀ ਸੁਖੁ ਪਾਇਆ ਬਖਸੇ ਬਖਸਣਹਾਰ ॥੨॥ {ਪੰਨਾ 594}

ਅਰਥ:- ਹੇ ਨਾਨਕ! ਗੁਰੂ ਦੀ ਮਤਿ ਲਿਆਂ ਹੀ ਸੁਖ ਮਿਲਦਾ ਹੈ ਤੇ ਬਖ਼ਸ਼ਣ ਵਾਲਾ ਹਰੀ ਬਖ਼ਸ਼ਦਾ ਹੈ ।੨।

ਪਉੜੀ ॥ ਤੂ ਆਪੇ ਆਪਿ ਆਪਿ ਸਭੁ ਕਰਤਾ ਕੋਈ ਦੂਜਾ ਹੋਇ ਸੁ ਅਵਰੋ ਕਹੀਐ ॥ ਹਰਿ ਆਪੇ ਬੋਲੈ ਆਪਿ ਬੁਲਾਵੈ ਹਰਿ ਆਪੇ ਜਲਿ ਥਲਿ ਰਵਿ ਰਹੀਐ ॥ {ਪੰਨਾ 594}

ਅਰਥ:- ਹੇ ਹਰੀ! ਤੂੰ ਆਪ ਹੀ ਆਪ ਹੈਂ ਤੇ ਆਪ ਹੀ ਸਭ ਕੁਝ ਪੈਦਾ ਕਰਦਾ ਹੈਂ, ਕਿਸੇ ਹੋਰ ਦੂਜੇ ਨੂੰ ਪੈਦਾ ਕਰਨ ਵਾਲਾ ਤਾਂ ਹੀ ਆਖੀਏ, ਜੇ ਕੋਈ ਹੋਰ ਹੋਵੇ ਹੀ । ਹਰੀ ਆਪ ਹੀ (ਸਭ ਜੀਵਾਂ ਵਿਚ) ਬੋਲਦਾ ਹੈ, ਆਪ ਹੀ ਸਭ ਨੂੰ ਬੁਲਾਉਂਦਾ ਹੈ ਅਤੇ ਆਪ ਹੀ ਜਲ ਵਿਚ ਥਲ ਵਿਚ ਵਿਆਪ ਰਿਹਾ ਹੈ ।

ਹਰਿ ਆਪੇ ਮਾਰੈ ਹਰਿ ਆਪੇ ਛੋਡੈ ਮਨ ਹਰਿ ਸਰਣੀ ਪੜਿ ਰਹੀਐ ॥ ਹਰਿ ਬਿਨੁ ਕੋਈ ਮਾਰਿ ਜੀਵਾਲਿ ਨ ਸਕੈ ਮਨ ਹੋਇ ਨਿਚਿੰਦ ਨਿਸਲੁ ਹੋਇ ਰਹੀਐ ॥ {ਪੰਨਾ 594}

ਅਰਥ:- ਹੇ ਮਨ! ਹਰੀ ਆਪ ਹੀ ਮਾਰਦਾ ਹੈ ਤੇ ਆਪ ਹੀ ਬਖ਼ਸ਼ਦਾ ਹੈ, (ਇਸ ਵਾਸਤੇ) ਹਰੀ ਦੀ ਸ਼ਰਨ ਵਿਚ ਪਿਆ ਰਹੁ । ਹੇ ਮਨ! ਹਰੀ ਤੋਂ ਬਿਨਾ ਕੋਈ ਹੋਰ ਨਾ ਮਾਰ ਸਕਦਾ ਹੈ ਨਾ ਜਿਵਾਲ ਸਕਦਾ ਹੈ (ਇਸ ਵਾਸਤੇ) ਨਿਸਚਿੰਤ ਹੋ ਰਹੁ ਤੇ ਲੰਮੀਆਂ ਤਾਣ ਛੱਡ (ਭਾਵ, ਕਿਸੇ ਹੋਰ ਦੀ ਓਟ ਨਾ ਤੱਕ ਤੇ ਸਭ ਤੋਂ ਵੱਡੇ ਹਰੀ ਦੀ ਆਸ ਰੱਖ) ।

ਉਠਦਿਆ ਬਹਦਿਆ ਸੁਤਿਆ ਸਦਾ ਸਦਾ ਹਰਿ ਨਾਮੁ ਧਿਆਈਐ ਜਨ ਨਾਨਕ ਗੁਰਮੁਖਿ ਹਰਿ ਲਹੀਐ ॥੨੧॥੧॥ ਸੁਧੁ {ਪੰਨਾ 594}

ਅਰਥ:- ਹੇ ਦਾਸ ਨਾਨਕ! ਜੇ ਉਠਦਿਆਂ ਬਹਿੰਦਿਆਂ ਤੇ ਸੁੱਤਿਆਂ ਹਰ ਵੇਲੇ ਹਰੀ ਦਾ ਨਾਮ ਸਿਮਰੀਏ ਤਾਂ ਸਤਿਗੁਰੂ ਦੇ ਸਨਮੁਖ ਹੋ ਕੇ ਹਰਿ ਮਿਲ ਪੈਂਦਾ ਹੈ ।੨੧।੧। ਸੁਧੁ ।

ਨੋਟ:- ਇਹ ਵਾਰ ਗੁਰੂ ਰਾਮਦਾਸ ਜੀ ਦੀ ਉਚਾਰੀ ਹੋਈ ਹੈ; ੨੧ ਪਉੜੀਆਂ ਹਨ; ਪਹਿਲੀ ਪਉੜੀ ਨਾਲ ੩ ਸਲੋਕ ਹਨ, ਬਾਕੀ ਹਰੇਕ ਪਉੜੀ ਨਾਲ ਦੋ ਦੋ ਸਲੋਕ ਹਨ; ਕੁੱਲ ੪੩ ਸਲੋਕ ਹਨ ।

ਸਲੋਕਾਂ ਦਾ ਵੇਰਵਾ:-

ਸਲੋਕ ਮ: ੩ — ੪੦
ਸਲੋਕ ਮ: ੧ — ੩
. . . . ——
. . ਜੋੜ ੪੩

ਗੁਰੂ ਰਾਮਦਾਸ ਜੀ ਦਾ, ਜਿਨ੍ਹਾਂ ਦੀ ਇਹ ਵਾਰ ਹੈ, ਇੱਕ ਭੀ ਸਲੋਕ ਨਹੀਂ ਹੈ । ਸੋ 'ਵਾਰ' ਦਾ ਅਸਲ ਸਰੂਪ ਸਿਰਫ਼ 'ਪਉੜੀਆਂ' ਹੈ ।

ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥ ਸੋਰਠਿ ਮਹਲਾ ੧ ਘਰੁ ੧ ਚਉਪਦੇ ॥ ਸਭਨਾ ਮਰਣਾ ਆਇਆ ਵੇਛੋੜਾ ਸਭਨਾਹ ॥ ਪੁਛਹੁ ਜਾਇ ਸਿਆਣਿਆ ਆਗੈ ਮਿਲਣੁ ਕਿਨਾਹ ॥ ਜਿਨ ਮੇਰਾ ਸਾਹਿਬੁ ਵੀਸਰੈ ਵਡੜੀ ਵੇਦਨ ਤਿਨਾਹ ॥੧॥ ਭੀ ਸਾਲਾਹਿਹੁ ਸਾਚਾ ਸੋਇ ॥ ਜਾ ਕੀ ਨਦਰਿ ਸਦਾ ਸੁਖੁ ਹੋਇ ॥ ਰਹਾਉ ॥ ਵਡਾ ਕਰਿ ਸਾਲਾਹਣਾ ਹੈ ਭੀ ਹੋਸੀ ਸੋਇ ॥ ਸਭਨਾ ਦਾਤਾ ਏਕੁ ਤੂ ਮਾਣਸ ਦਾਤਿ ਨ ਹੋਇ ॥ ਜੋ ਤਿਸੁ ਭਾਵੈ ਸੋ ਥੀਐ ਰੰਨ ਕਿ ਰੁੰਨੈ ਹੋਇ ॥੨॥ ਧਰਤੀ ਉਪਰਿ ਕੋਟ ਗੜ ਕੇਤੀ ਗਈ ਵਜਾਇ ॥ ਜੋ ਅਸਮਾਨਿ ਨ ਮਾਵਨੀ ਤਿਨ ਨਕਿ ਨਥਾ ਪਾਇ ॥ ਜੇ ਮਨ ਜਾਣਹਿ ਸੂਲੀਆ ਕਾਹੇ ਮਿਠਾ ਖਾਹਿ ॥੩॥ ਨਾਨਕ ਅਉਗੁਣ ਜੇਤੜੇ ਤੇਤੇ ਗਲੀ ਜੰਜੀਰ ॥ ਜੇ ਗੁਣ ਹੋਨਿ ਤ ਕਟੀਅਨਿ ਸੇ ਭਾਈ ਸੇ ਵੀਰ ॥ ਅਗੈ ਗਏ ਨ ਮੰਨੀਅਨਿ ਮਾਰਿ ਕਢਹੁ ਵੇਪੀਰ ॥੪॥੧॥ {ਪੰਨਾ 595}

ਪਦਅਰਥ:- ਆਇਆ—ਆਇਆ, ਜੋ ਜੰਮਦੇ ਹਨ । ਮਰਣਾ—ਮੌਤ । ਮਰਣਾ ਆਇਆ—ਜੰਮਦੇ ਹਨ ਤੇ ਮਰਦੇ ਹਨ, ਜੰਮਦੇ ਹਨ ਤੇ ਮਰਦੇ ਹਨ, ਜੋ ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ । ਵੇਛੋੜਾ—ਪ੍ਰਭੂ ਚਰਨਾਂ ਤੋਂ ਵਿਛੋੜਾ । ਆਗੈ—ਪ੍ਰਭੂ ਦੀ ਹਜ਼ੂਰੀ ਵਿਚ । ਕਿਨਾਹ—ਕੇਹੜੇ ਬੰਦਿਆਂ ਨੂੰ? ਵੇਦਨ—ਪੀੜ, ਮਾਨਸਕ ਦੁੱਖ ।੧।

ਭੀ—ਮੁੜ ਮੁੜ । ਸਾਚਾ—ਸਦਾ-ਥਿਰ ਰਹਿਣ ਵਾਲਾ । ਜਾ ਕੀ—ਜਿਸ ਪ੍ਰਭੂ ਦੀ ।ਰਾਹਉ।

ਵਡਾ ਕਰਿ—ਵੱਡਾ ਕਰ ਕੇ, ਇਹ ਆਖ ਕੇ ਕਿ ਉਹ ਸਭ ਤੋਂ ਵੱਡਾ ਹੈ । ਕਿ ਹੋਇ—ਕੀਹ ਲਾਭ ਹੋ ਸਕਦਾ ਹੈ? ਕੋਈ ਲਾਭ ਨਹੀਂ ਹੋ ਸਕਦਾ । ਰੁੰਨੈ—ਰੋਇਆਂ ।੨।

ਕੋਟ—ਕਿਲ੍ਹੇ । ਗੜ—ਕਿਲ੍ਹੇ । ਕੇਤੀ—ਬਥੇਰੀ ਲੁਕਾਈ । ਵਜਾਇ—(ਨੌਬਤ) ਵਜਾ ਕੇ । ਅਸਮਾਨਿ—ਆਕਾਸ਼ ਤਕ । ਨ ਮਾਵਨੀ—ਨ ਮਾਵਨਿ, ਨਹੀਂ ਮਿਓਂਦੇ । ਤਿਨ ਨਕਿ—ਉਹਨਾਂ ਦੇ ਨੱਕ ਵਿਚ । ਨਥਾ ਪਾਇ—ਨੱਥਾਂ ਪਾਂਦਾ ਹੈ, ਆਕੜ ਭੰਨਦਾ ਹੈ । ਮਨ—ਹੇ ਮਨ! ਸੂਲੀਆ—ਦੁੱਖ ਕਲੇਸ਼ । ਕਾਹੇ—ਕਿਉਂ? ਮਿਠਾ ਖਾਹਿ—ਤੂੰ ਮਿੱਠਾ ਖਾਂਦਾ ਹੈਂ, ਤੂੰ ਦੁਨੀਆ ਦੇ ਮਿੱਠੇ ਭੋਗ ਭੋਗਦਾ ਹੈਂ ।੩।

ਅਉਗੁਣ—ਵਿਕਾਰ, ਪਾਪ । ਤੇਰੇ—ਇਹ ਸਾਰੇ । ਗਲੀ—ਗਲਾਂ ਵਿਚ । ਜੰਜੀਰ—ਫਾਹੀਆਂ । ਕਟੀਅਨਿ—ਕੱਟੇ ਜਾਂਦੇ ਹਨ । ਸੇ—ਇਹੀ । ਅਗੈ ਗਏ—ਸਾਡੇ ਨਾਲ ਗਏ ਹੋਏ । ਮੰਨੀਅਨਿ—ਮੰਨੇ ਜਾਂਦੇ ਹਨ, ਆਦਰ ਪਾਂਦੇ ਹਨ । ਵੇਪੀਰ—ਬੇ-ਮੁਰਸ਼ਿਦੇ, ਵੱਸ ਵਿਚ ਨਾਹ ਆਉਣ ਵਾਲੇ ।੪।

ਅਰਥ:- (ਹੇ ਭਾਈ!) ਮੁੜ ਮੁੜ ਉਸ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦੇ ਰਹੋ । ਉਸੇ ਦੀ ਮੇਹਰ ਦੀ ਨਜ਼ਰ ਨਾਲ ਸਦਾ-ਥਿਰ ਰਹਿਣ ਵਾਲਾ ਸੁਖ ਮਿਲਦਾ ਹੈ ।੧।

(ਜੋ ਜੀਵ ਦੁਨੀਆ ਦੇ ਹੋਛੇ ਸੁਖਾਂ ਦੀ ਖ਼ਾਤਰ ਪ੍ਰਭੂ ਨੂੰ ਭੁਲਾ ਦੇਂਦੇ ਹਨ) ਉਹਨਾਂ ਸਭਨਾਂ ਨੂੰ ਪ੍ਰਭੂ-ਚਰਨਾਂ ਤੋਂ ਵਿਛੋੜਾ ਰਹਿੰਦਾ ਹੈ ਉਹ ਸਾਰੇ ਜੰਮਦੇ ਮਰਦੇ ਹੀ ਰਹਿੰਦੇ ਹਨ । (ਹੇ ਭਾਈ!) ਜਾ ਕੇ ਗੁਰਮੁਖਾਂ ਪਾਸੋਂ ਪਤਾ ਲਵੋ ਕਿ ਪਰਮਾਤਮਾ ਦੇ ਚਰਨਾਂ ਦਾ ਮਿਲਾਪ ਕਿਨ੍ਹਾਂ ਨੂੰ ਹੁੰਦਾ ਹੈ (ਕਿਉਂਕਿ ਸੁਖੀ ਉਹੀ ਹਨ ਜੋ ਪ੍ਰਭੂ-ਚਰਨਾਂ ਵਿਚ ਜੁੜਦੇ ਹਨ) । (ਇਹ ਗੱਲ ਤਾਂ ਪ੍ਰਤੱਖ ਹੈ ਕਿ) ਜਿਨ੍ਹਾਂ ਬੰਦਿਆਂ ਨੂੰ ਪਿਆਰਾ ਮਾਲਕ-ਪ੍ਰਭੂ ਭੁੱਲ ਜਾਂਦਾ ਹੈ ਉਹਨਾਂ ਨੂੰ ਬੜਾ ਆਤਮਕ ਕਲੇਸ਼ ਬਣਿਆ ਰਹਿੰਦਾ ਹੈ ।੧।

(ਹੇ ਭਾਈ!) ਉਹ ਪਰਮਾਤਮਾ (ਸਦਾ-ਥਿਰ ਹੈ) ਹੁਣ ਭੀ ਮੌਜੂਦ ਹੈ ਅਗਾਂਹ ਨੂੰ ਭੀ ਕਾਇਮ ਰਹੇਗਾ, ਉਸ ਦੀ ਸਿਫ਼ਤਿ-ਸਾਲਾਹ ਕਰੋ (ਤੇ ਆਖੋ) ਕਿ ਉਹ ਸਭ ਤੋਂ ਵੱਡਾ ਦਾਤਾ ਹੈ । (ਹੇ ਭਾਈ! ਆਖੋ—ਹੇ ਪ੍ਰਭੂ!) ਤੂੰ ਸਭ ਜੀਵਾਂ ਨੂੰ ਸਭ ਦਾਤਾਂ ਦੇਣ ਵਾਲਾ ਹੈਂ ਮਨੁੱਖ (ਵਿਚਾਰੇ ਕੀਹ ਹਨ ਕਿ ਉਹਨਾਂ) ਤੋਂ ਕੋਈ ਦਾਤਾਂ ਹੋ ਸਕਣ? (ਹੇ ਭਾਈ!) ਜੋ ਕੁਝ ਪ੍ਰਭੂ ਨੂੰ ਚੰਗਾ ਲੱਗਦਾ ਹੈ ਉਹੀ ਹੁੰਦਾ ਹੈ (ਉਸ ਦੀ ਰਜ਼ਾ ਨੂੰ ਮਿੱਠਾ ਕਰ ਕੇ ਮੰਨੋ, ਕੋਈ ਦੁੱਖ ਕਲੇਸ਼ ਆਉਣ ਤੇ) ਰੰਨਾਂ ਵਾਂਗ ਰੋਣ ਤੋਂ ਕੋਈ ਲਾਭ ਨਹੀਂ ਹੋ ਸਕਦਾ ।੨।

ਇਸ ਧਰਤੀ ਉਤੇ ਅਨੇਕਾਂ ਆਏ ਜੋ ਕਿਲ੍ਹੇ ਆਦਿਕ ਬਣਾ ਕੇ (ਆਪਣੀ ਤਾਕਤ ਦਾ) ਢੋਲ ਵਜਾ ਕੇ (ਆਖ਼ਰ) ਚਲੇ ਗਏ । ਜੇਹੜੇ ਆਪਣੀ ਤਾਕਤ ਦੇ ਮਾਣ ਵਿਚ ਇਤਨੀ ਧੌਣ ਅਕੜਾਂਦੇ ਹਨ ਕਿ (ਮਾਨੋ) ਅਸਮਾਨ ਦੇ ਹੇਠ ਭੀ ਨਹੀਂ ਮਿਓਂਦੇ, ਉਹ ਪਰਮਾਤਮਾ ਉਹਨਾਂ ਦੀ ਆਕੜ ਭੀ ਭੰਨ ਦੇਂਦਾ ਹੈ । ਸੋ, ਹੇ ਮਨ! ਜੇ ਤੂੰ ਇਹ ਸਮਝ ਲਏਂ ਕਿ ਦੁਨੀਆ ਦੇ ਮੌਜ ਮੇਲਿਆਂ ਦਾ ਨਤੀਜਾ ਦੁੱਖ-ਕਲੇਸ਼ ਹੀ ਹੈ ਤਾਂ ਤੂੰ ਦੁਨੀਆ ਦੇ ਭੋਗਾਂ ਵਿਚ ਹੀ ਕਿਉਂ ਮਸਤ ਰਹੇਂ? ।੩।

ਹੇ ਨਾਨਕ! (ਦੁਨੀਆ ਦੇ ਸੁਖ ਮਾਣਨ ਦੀ ਖ਼ਾਤਰ) ਜਿਤਨੇ ਭੀ ਪਾਪ-ਵਿਕਾਰ ਅਸੀ ਕਰਦੇ ਹਾਂ, ਇਹ ਸਾਰੇ ਪਾਪ-ਵਿਕਾਰ ਸਾਡੇ ਗਲਾਂ ਵਿਚ ਫਾਹੀਆਂ ਬਣ ਜਾਂਦੇ ਹਨ (ਇਹ ਹੋਰ ਹੋਰ ਪਾਪਾਂ ਵਲ ਧ੍ਰੂਹ ਕੇ ਲੈ ਜਾਂਦੇ ਹਨ), ਇਹ ਪਾਪ-ਫਾਹੀਆਂ ਤਦੋਂ ਹੀ ਕੱਟੀਆਂ ਜਾ ਸਕਦੀਆਂ ਹਨ ਜੇ ਸਾਡੇ ਪੱਲੇ ਗੁਣ ਹੋਣ । ਗੁਣ ਹੀ ਅਸਲ ਭਾਈ ਮਿਤ੍ਰ ਹਨ । (ਇਥੋਂ) ਸਾਡੇ ਨਾਲ ਗਏ ਹੋਏ ਪਾਪ-ਵਿਕਾਰ (ਅਗਾਂਹ) ਆਦਰ ਨਹੀਂ ਪਾਂਦੇ । ਇਹਨਾਂ ਬੇ-ਮੁਰਸ਼ਿਦਾਂ ਨੂੰ (ਹੁਣੇ ਹੀ) ਮਾਰ ਕੇ ਆਪਣੇ ਅੰਦਰੋਂ ਕੱਢ ਦਿਉ ।੪।੧।

ਸੋਰਠਿ ਮਹਲਾ ੧ ਘਰੁ ੧ ॥ ਮਨੁ ਹਾਲੀ ਕਿਰਸਾਣੀ ਕਰਣੀ ਸਰਮੁ ਪਾਣੀ ਤਨੁ ਖੇਤੁ ॥ ਨਾਮੁ ਬੀਜੁ ਸੰਤੋਖੁ ਸੁਹਾਗਾ ਰਖੁ ਗਰੀਬੀ ਵੇਸੁ ॥ ਭਾਉ ਕਰਮ ਕਰਿ ਜੰਮਸੀ ਸੇ ਘਰ ਭਾਗਠ ਦੇਖੁ ॥੧॥ ਬਾਬਾ ਮਾਇਆ ਸਾਥਿ ਨ ਹੋਇ ॥ ਇਨਿ ਮਾਇਆ ਜਗੁ ਮੋਹਿਆ ਵਿਰਲਾ ਬੂਝੈ ਕੋਇ ॥ ਰਹਾਉ ॥ ਹਾਣੁ ਹਟੁ ਕਰਿ ਆਰਜਾ ਸਚੁ ਨਾਮੁ ਕਰਿ ਵਥੁ ॥ ਸੁਰਤਿ ਸੋਚ ਕਰਿ ਭਾਂਡਸਾਲ ਤਿਸੁ ਵਿਚਿ ਤਿਸ ਨੋ ਰਖੁ ॥ ਵਣਜਾਰਿਆ ਸਿਉ ਵਣਜੁ ਕਰਿ ਲੈ ਲਾਹਾ ਮਨ ਹਸੁ ॥੨॥ ਸੁਣਿ ਸਾਸਤ ਸਉਦਾਗਰੀ ਸਤੁ ਘੋੜੇ ਲੈ ਚਲੁ ॥ ਖਰਚੁ ਬੰਨੁ ਚੰਗਿਆਈਆ ਮਤੁ ਮਨ ਜਾਣਹਿ ਕਲੁ ॥ ਨਿਰੰਕਾਰ ਕੈ ਦੇਸਿ ਜਾਹਿ ਤਾ ਸੁਖਿ ਲਹਹਿ ਮਹਲੁ ॥੩॥ ਲਾਇ ਚਿਤੁ ਕਰਿ ਚਾਕਰੀ ਮੰਨਿ ਨਾਮੁ ਕਰਿ ਕੰਮੁ ॥ ਬੰਨੁ ਬਦੀਆ ਕਰਿ ਧਾਵਣੀ ਤਾ ਕੋ ਆਖੈ ਧੰਨੁ ॥ ਨਾਨਕ ਵੇਖੈ ਨਦਰਿ ਕਰਿ ਚੜੈ ਚਵਗਣ ਵੰਨੁ ॥੪॥੨॥ {ਪੰਨਾ 595}

ਪਦਅਰਥ:- ਹਾਲੀ—ਹਲ ਵਾਹੁਣ ਵਾਲਾ । ਕਿਰਸਾਣੀ—ਵਾਹੀ ਦਾ ਕੰਮ । ਕਰਣੀ—ਉੱਚਾ ਆਚਰਨ । ਸਰਮੁ—{œm} ਮੇਹਨਤ, ਉੱਦਮ । ਰਖੁ—ਰਾਖਾ । ਗਰੀਬੀ ਵੇਸੁ—ਸਾਦਾ ਲਿਬਾਸ, ਸਾਦਗੀ, ਸਾਦਾ ਜੀਵਨ । ਭਾਉ—ਪ੍ਰੇਮ । ਕਰਮ—ਬਖ਼ਸ਼ਸ਼ । ਕਰਮ ਕਰਿ—(ਪਰਮਾਤਮਾ ਦੀ) ਮੇਹਰ ਨਾਲ । ਜੰਮਸੀ—ਉੱਗੇਗਾ, ਪੈਦਾ ਹੋਵੇਗਾ । ਭਾਗਠ—ਭਾਗਾਂ ਵਾਲੇ, ਧਨਾਢ ।੧।

ਬਾਬਾ—ਹੇ ਭਾਈ! ਇਨਿ—ਇਸ ਨੇ ।ਰਹਾਉ।

ਹਾਣੁ—ਬੀਤਣਾ, ਗੁਜ਼ਰਨਾ । ਆਰਜਾ—ਉਮਰ । ਆਰਜਾ ਹਾਣੁ—ਉਮਰ ਦਾ ਬੀਤਣਾ, ਸੁਆਸਾਂ ਦਾ ਚਲਣਾ, ਹਰੇਕ ਸੁਆਸ ਦੇ ਨਾਲ ਨਾਮ ਨੂੰ ਪ੍ਰੋਣਾ । ਹਟੁ—ਦੁਕਾਨ । ਵਥੁ—ਸੌਦਾ । ਸੋਚ—ਵਿਚਾਰ । ਭਾਂਡਸਾਲ—ਭਾਂਡਿਆਂ ਦੀ ਕਤਾਰ । ਤਿਸੁ ਵਿਚ—ਉਸ ਭਾਂਡਸਾਲ ਵਿਚ । ਤਿਸ ਨੋ—ਉਸ ਨਾਮ-ਵਥ ਨੂੰ {ਨੋਟ:- 'ਜਿਸੁ, ਕਿਸੁ, ਤਿਸੁ, ਉਸੁ' ਦਾ ਅੰਤਲਾ ੁ ਹੇਠ-ਲਿਖੇ ਸੰਬੰਧਕਾਂ ਦੇ ਨਾਲ ਉੱਡ ਜਾਂਦਾ ਹੈ—ਕਾ, ਕੇ, ਕੀ, ਦਾ, ਦੇ, ਦੀ, ਨੈ, ਨੋ, ਤੇ} । ਵਣਜਾਰੇ—ਸਤਸੰਗੀ । ਮਨ ਹਸੁ—ਮਨ ਦਾ ਹਾਸਾ, ਮਨ ਦਾ ਖਿੜਾਉ ।੨।

ਸਾਸਤ—ਧਰਮ-ਪੁਸਤਕ । ਸਤੁ—ਉੱਚਾ ਆਚਰਨ । ਮਨ—ਹੇ ਮਨ! ਮਤੁ ਜਾਣਹਿ ਕਲੁ—ਮਤਾਂ ਕੱਲ ਜਾਣੇ, ਕੱਲ ਤੇ ਨਾਹ ਪਾਈਂ । ਦੇਸਿ—ਦੇਸ ਵਿਚ । ਸੁਖਿ—ਸੁਖ ਵਿਚ, ਆਤਮਕ ਆਨੰਦ ਵਿਚ । ਮਹਲੁ—ਟਿਕਾਣਾ ।੩।

ਚਾਕਰੀ—ਨੌਕਰੀ । ਕੰਮੁ—ਨੌਕਰੀ ਦਾ ਕੰਮ । ਬੰਨੁ—ਰੋਕ ਰੱਖ । ਧਾਵਣੀ—ਨੌਕਰੀ ਦੀ ਦੌੜ-ਭੱਜ । ਤਾ—ਤਦੋਂ ਹੀ । ਧੰਨੁ—ਸ਼ਾਬਾਸ਼ੇ । ਚਵਗਣ—ਚੌਗੁਣਾ । ਵੰਨੁ—ਰੰਗ ।੪।

ਨੋਟ:- ਧਨ ਕਮਾਣ ਲਈ ਆਮ ਤੌਰ ਤੇ ਚਾਰ ਵਸੀਲੇ ਹਨ—ਵਾਹੀ, ਦੁਕਾਨ, ਵਪਾਰ, ਤੇ ਨੌਕਰੀ ।

ਇਸ ਸ਼ਬਦ ਵਿਚ ਫ਼ੁਰਮਾਂਦੇ ਹਨ ਕਿ ਦੁਨੀਆ ਦਾ ਧਨ ਤਾਂ ਇਥੋਂ ਤੁਰਨ ਵੇਲੇ ਸਾਥ ਛੱਡ ਦੇਵੇਗਾ, ਨਾਲ ਨਿਭਣ ਵਾਲਾ ਨਾਮ-ਧਨ ਹੈ, ਉਸ ਨੂੰ ਇਕੱਠਾ ਕਰਨ ਲਈ ਉਵੇਂ ਹੀ ਮੇਹਨਤ ਕਰਨੀ ਹੈ ਜਿਵੇਂ ਕਿਸਾਨ ਵਾਹੀ ਦੀ ਮੇਹਨਤ ਕਰਦਾ ਹੈ, ਜਿਵੇਂ ਦੁਕਾਨਦਾਰ ਦੁਕਾਨ ਵਿਚ, ਜਿਵੇਂ ਵਪਾਰੀ ਵਪਾਰ ਵਿਚ ਤੇ ਜਿਵੇਂ ਮੁਲਾਜ਼ਮ ਨੌਕਰੀ ਵਿਚ ।

ਅਰਥ:- ਹੇ ਭਾਈ! (ਇਥੋਂ ਤੁਰਨ ਵੇਲੇ) ਮਾਇਆ ਜੀਵ ਦੇ ਨਾਲ ਨਹੀਂ ਜਾਂਦੀ (ਇਹ ਹਰੇਕ ਨੂੰ ਪਤਾ ਹੈ ਫਿਰ ਭੀ) ਇਸ ਮਾਇਆ ਨੇ ਸਾਰੇ ਜਗਤ ਨੂੰ ਆਪਣੇ ਵੱਸ ਵਿਚ ਕੀਤਾ ਹੋਇਆ ਹੈ । ਕੋਈ ਵਿਰਲਾ ਮਨੁੱਖ ਸਮਝਦਾ ਹੈ (ਕਿ ਸਦਾ ਨਾਲ ਨਿਭਣ ਵਾਲਾ ਧਨ ਹੋਰ ਹੈ) ।੧।ਰਹਾਉ।

(ਹੇ ਭਾਈ! ਸਦਾ ਨਾਲ ਨਿਭਣ ਵਾਲਾ ਧਨ ਕਮਾਣ ਲਈ) ਮਨ ਨੂੰ ਹਾਲੀ (ਵਰਗਾ ਉੱਦਮੀ) ਬਣਾ, ਉਚੇ ਆਚਰਨ ਨੂੰ ਵਾਹੀ ਸਮਝ, ਮੇਹਨਤ (ਨਾਮ ਫ਼ਸਲ ਵਾਸਤੇ) ਪਾਣੀ ਹੈ, (ਇਹ ਆਪਣਾ) ਸਰੀਰ (ਹੀ) ਪੈਲੀ ਹੈ । (ਇਸ ਪੈਲੀ ਵਿਚ) ਪਰਮਾਤਮਾ ਦਾ ਨਾਮ ਬੀਜ, (ਬੀ ਬੀਜ ਕੇ ਉਸ ਨੂੰ ਪੰਛੀਆ ਤੋਂ ਬਚਾਣ ਲਈ ਸੁਹਾਗਾ ਫੇਰਨਾ ਜ਼ਰੂਰੀ ਹੈ, ਇਸੇ ਤਰ੍ਹਾਂ ਜੇ ਸੰਤੋਖ ਵਾਲਾ ਜੀਵਨ ਨਹੀਂ, ਤਾਂ ਮਾਇਆ ਦੀ ਤ੍ਰਿਸ਼ਨਾ ਨਾਮ-ਬੀਜ ਨੂੰ ਮੁਕਾ ਦੇਵੇਗੀ) ਸੰਤੋਖ (ਨਾਮ-ਬੀਜ ਨੂੰ ਤ੍ਰਿਸ਼ਨਾ-ਪੰਛੀਆਂ ਤੋਂ ਬਚਾਣ ਲਈ) ਸੁਹਾਗਾ ਹੈ, ਸਾਦਾ ਜੀਵਨ (ਨਾਮ-ਫ਼ਸਲ ਦੀ ਰਾਖੀ ਕਰਨ ਲਈ) ਰਾਖਾ ਹੈ । (ਹੇ ਭਾਈ! ਇਹ ਵਾਹੀ ਕੀਤਿਆਂ ਸਰੀਰ-ਪੈਲੀ ਵਿਚ) ਪਰਮਾਤਮਾ ਦੀ ਮੇਹਰ ਨਾਲ ਪ੍ਰੇਮ ਪੈਦਾ ਹੋਵੇਗਾ । ਵੇਖ, (ਜਿਨ੍ਹਾਂ ਇਹ ਵਾਹੀ ਕੀਤੀ) ਉਹ ਹਿਰਦੇ (ਨਾਮ-ਧਨ ਨਾਲ) ਧਨਾਢ ਹੋ ਗਏ ।੧।

(ਹੇ ਭਾਈ!) ਉਮਰ ਦੇ ਹਰੇਕ ਸੁਆਸ ਨੂੰ ਖੱਟੀ ਬਣਾ, ਇਸ ਹੱਟੀ ਵਿਚ ਸਦਾ-ਥਿਰ ਰਹਿਣ ਵਾਲਾ ਹਰੀ ਨਾਮ ਸੌਦਾ ਬਣਾ । ਆਪਣੀ ਸੁਰਤਿ ਤੇ ਵਿਚਾਰ-ਮੰਡਲ ਨੂੰ ਭਾਂਡਿਆਂ ਦੀ ਕਤਾਰ ਬਣਾ, ਇਸ ਭਾਂਡਸਾਲ ਵਿਚ ਇਸ ਹਰੀ-ਨਾਮ ਸੌਦੇ ਨੂੰ ਪਾ । ਇਹ ਨਾਮ-ਵਣਜ ਕਰਨ ਵਾਲੇ ਸਤਸੰਗੀਆਂ ਨਾਲ ਮਿਲ ਕੇ ਤੂੰ ਭੀ ਹਰੀ-ਨਾਮ ਦਾ ਵਣਜ ਕਰ । ਇਸ ਵਣਜ ਵਿਚੋਂ ਖੱਟੀ ਮਿਲੇਗੀ ਮਨ ਦਾ ਖਿੜਾਓ ।੨।

(ਹੇ ਭਾਈ! ਸੌਦਾਗਰਾਂ ਵਾਂਗ ਹਰੀ-ਨਾਮ ਦਾ ਸੌਦਾਗਰ ਬਣ) ਧਰਮ-ਪੁਸਤਕਾਂ (ਦਾ ਉਪਦੇਸ਼) ਸੁਣਿਆ ਕਰ, ਇਹ ਹਰੀ-ਨਾਮ ਦੀ ਸੌਦਾਗਰੀ ਹੈ, (ਸੌਦਾਗਰੀ ਦਾ ਮਾਲ ਲੱਦਣ ਵਾਸਤੇ) ਉੱਚੇ ਆਚਰਨ ਨੂੰ ਘੋੜੇ ਬਣਾ ਕੇ ਲੈ ਤੁਰ, (ਜ਼ਿੰਦਗੀ ਦੇ ਸਫ਼ਰ ਵਿਚ ਭੀ ਖ਼ਰਚ ਦੀ ਲੋੜ ਹੈ) ਚੰਗੇ ਗੁਣਾਂ ਨੂੰ ਜੀਵਨ-ਸਫ਼ਰ ਦਾ ਖ਼ਰਚ ਬਣਾ । ਹੇ ਮਨ! (ਇਸ ਵਪਾਰ ਦੇ ਉੱਦਮ ਨੂੰ) ਕੱਲ ਤੇ ਨਾਹ ਪਾਈਂ । ਇਸ ਵਪਾਰ ਨਾਲ ਜੇ ਤੂੰ ਪਰਮਾਤਮਾ ਦੇ ਦੇਸ ਵਿਚ (ਪਰਮਾਤਮਾ ਦੇ ਚਰਨਾਂ ਵਿਚ) ਟਿਕ ਜਾਏਂ, ਤਾਂ ਆਤਮਕ ਸੁਖ ਵਿਚ ਥਾਂ ਲੱਭ ਲਏਂਗਾ ।੩।

(ਹੇ ਭਾਈ! ਨੌਕਰ ਰੋਜ਼ੀ ਕਮਾਣ ਲਈ ਮੇਹਨਤ ਨਾਲ ਮਾਲਕ ਦੀ ਸੇਵਾ ਕਰਦਾ ਹੈ, ਤੂੰ ਭੀ) ਪੂਰੇ ਧਿਆਨ ਨਾਲ (ਪ੍ਰਭੂ-ਮਾਲਕ ਦੀ) ਨੌਕਰੀ ਕਰ (ਜਿਵੇਂ ਨੌਕਰ ਆਪਣੇ ਮਾਲਕ ਦੇ ਹੁਕਮ ਨੂੰ ਭੁਲਾਂਦਾ ਨਹੀਂ ਤੂੰ ਭੀ) ਪਰਮਾਤਮਾ-ਮਾਲਕ ਦੇ ਨਾਮ ਨੂੰ ਮਨ ਵਿਚ ਪੱਕਾ ਕਰ ਰੱਖ, ਇਹੀ ਹੈ ਉਸ ਦੀ ਸੇਵਾ । ਵਿਕਾਰਾਂ ਨੂੰ (ਆਪਣੇ ਨੇੜੇ ਆਉਣੋਂ) ਰੋਕ ਦੇ, ਇਹ ਹੈ ਪਰਮਾਤਮਾ ਦੀ ਨੌਕਰੀ ਵਾਸਤੇ ਦੌੜ-ਭੱਜ । (ਜੇ ਇਹ ਉੱਦਮ ਕਰੇਂਗਾ) ਤਾਂ ਹਰ ਕੋਈ ਤੈਨੂੰ ਸ਼ਾਬਾਸ਼ੇ ਆਖੇਗਾ । ਹੇ ਨਾਨਕ! ਇਹ ਨੌਕਰੀ ਕੀਤਿਆਂ ਪਰਮਾਤਮਾ ਤੈਨੂੰ ਮੇਹਰ ਦੀ ਨਜ਼ਰ ਨਾਲ ਵੇਖੇਗਾ, ਤੇਰੀ ਜਿੰਦ ਉਤੇ ਚੌ-ਗੁਣਾਂ ਆਤਮਕ ਰੂਪ ਚੜ੍ਹੇਗਾ ।੪।੨।

ਸੋਰਠਿ ਮਃ ੧ ਚਉਤੁਕੇ ॥ ਮਾਇ ਬਾਪ ਕੋ ਬੇਟਾ ਨੀਕਾ ਸਸੁਰੈ ਚਤੁਰੁ ਜਵਾਈ ॥ ਬਾਲ ਕੰਨਿਆ ਕੌ ਬਾਪੁ ਪਿਆਰਾ ਭਾਈ ਕੌ ਅਤਿ ਭਾਈ ॥ ਹੁਕਮੁ ਭਇਆ ਬਾਹਰੁ ਘਰੁ ਛੋਡਿਆ ਖਿਨ ਮਹਿ ਭਈ ਪਰਾਈ ॥ ਨਾਮੁ ਦਾਨੁ ਇਸਨਾਨੁ ਨ ਮਨਮੁਖਿ ਤਿਤੁ ਤਨਿ ਧੂੜਿ ਧੁਮਾਈ ॥੧॥ ਮਨੁ ਮਾਨਿਆ ਨਾਮੁ ਸਖਾਈ ॥ ਪਾਇ ਪਰਉ ਗੁਰ ਕੈ ਬਲਿਹਾਰੈ ਜਿਨਿ ਸਾਚੀ ਬੂਝ ਬੁਝਾਈ ॥ ਰਹਾਉ ॥ ਜਗ ਸਿਉ ਝੂਠ ਪ੍ਰੀਤਿ ਮਨੁ ਬੇਧਿਆ ਜਨ ਸਿਉ ਵਾਦੁ ਰਚਾਈ ॥ ਮਾਇਆ ਮਗਨੁ ਅਹਿਨਿਸਿ ਮਗੁ ਜੋਹੈ ਨਾਮੁ ਨ ਲੇਵੈ ਮਰੈ ਬਿਖੁ ਖਾਈ ॥ ਗੰਧਣ ਵੈਣਿ ਰਤਾ ਹਿਤਕਾਰੀ ਸਬਦੈ ਸੁਰਤਿ ਨ ਆਈ ॥ ਰੰਗਿ ਨ ਰਾਤਾ ਰਸਿ ਨਹੀ ਬੇਧਿਆ ਮਨਮੁਖਿ ਪਤਿ ਗਵਾਈ ॥੨॥ ਸਾਧ ਸਭਾ ਮਹਿ ਸਹਜੁ ਨ ਚਾਖਿਆ ਜਿਹਬਾ ਰਸੁ ਨਹੀ ਰਾਈ ॥ ਮਨੁ ਤਨੁ ਧਨੁ ਅਪੁਨਾ ਕਰਿ ਜਾਨਿਆ ਦਰ ਕੀ ਖਬਰਿ ਨ ਪਾਈ ॥ ਅਖੀ ਮੀਟਿ ਚਲਿਆ ਅੰਧਿਆਰਾ ਘਰੁ ਦਰੁ ਦਿਸੈ ਨ ਭਾਈ ॥ ਜਮ ਦਰਿ ਬਾਧਾ ਠਉਰ ਨ ਪਾਵੈ ਅਪੁਨਾ ਕੀਆ ਕਮਾਈ ॥੩॥ ਨਦਰਿ ਕਰੇ ਤਾ ਅਖੀ ਵੇਖਾ ਕਹਣਾ ਕਥਨੁ ਨ ਜਾਈ ॥ ਕੰਨੀ ਸੁਣਿ ਸੁਣਿ ਸਬਦਿ ਸਲਾਹੀ ਅੰਮ੍ਰਿਤੁ ਰਿਦੈ ਵਸਾਈ ॥ ਨਿਰਭਉ ਨਿਰੰਕਾਰੁ ਨਿਰਵੈਰੁ ਪੂਰਨ ਜੋਤਿ ਸਮਾਈ ॥ ਨਾਨਕ ਗੁਰ ਵਿਣੁ ਭਰਮੁ ਨ ਭਾਗੈ ਸਚਿ ਨਾਮਿ ਵਡਿਆਈ ॥੪॥੩॥ {ਪੰਨਾ 596}

ਪਦਅਰਥ:- ਨੀਕਾ—ਚੰਗਾ, ਪਿਆਰਾ । ਸਸੁਰੈ—ਸਹੁਰੇ ਦਾ । ਚਤੁਰੁ—ਸਿਆਣਾ । ਕੌ—ਨੂੰ, ਵਾਸਤੇ । ਕੋ—ਦਾ । ਬਾਹਰੁ ਘਰੁ—ਘਰ ਬਾਹਰ, ਘਰ ਘਾਟ । ਦਾਨੁ—ਸੇਵਾ (ਦੂਜਿਆਂ ਦੀ) । ਇਸਨਾਨੁ—ਪਵਿਤ੍ਰਤਾ, ਪਵਿਤ੍ਰ ਆਚਰਨ । ਤਿਤੁ—ਉਸ ਵਿਚ, ਉਸ ਦੀ ਰਾਹੀਂ । ਤਨਿ—ਸਰੀਰ ਦੀ ਰਾਹੀਂ । ਤਿਤੁ ਤਨਿ—ਉਸ ਸਰੀਰ ਦੀ ਰਾਹੀਂ । ਧੂੜਿ ਧੁਮਾਈ—ਖੇਹ ਹੀ ਉਡਾਈ ।੧।

ਸਖਾਈ—ਮਿਤ੍ਰ । ਪਰਉ—ਮੈਂ ਪੈਂਦਾ ਹਾਂ । ਜਿਨਿ—ਜਿਸ (ਗੁਰੂ) ਨੇ ।ਰਹਾਉ।

ਬੇਧਿਆ—ਵਿੰਨ੍ਹਿਆ । ਜਨ—ਪ੍ਰਭੂ ਦੇ ਦਾਸ, ਸੰਤ ਜਨ । ਵਾਦੁ—ਝਗੜਾ । ਮਗਨੁ—ਮਸਤ । ਅਹਿ—ਦਿਨ । ਨਿਸਿ—ਰਾਤ । ਮਗੁ—ਰਸਤਾ । ਜੋਹੈ—ਤੱਕਦਾ ਹੈ । ਮਰੈ—ਆਤਮਕ ਮੌਤ ਮਰਦਾ ਹੈ । ਬਿਖੁ—ਜ਼ਹਿਰ । ਗੰਧਣ ਵੈਣਿ—ਗੰਦੇ ਬੋਲ ਵਿਚ । ਰਤਾ—ਮਸਤ । ਹਿਤਕਾਰੀ—ਪਿਆਰ ਕਰਨ ਵਾਲਾ । ਰੰਗਿ—(ਪ੍ਰਭੂ ਦੇ) ਰੰਗ ਵਿਚ । ਰਸਿ—ਰਸ ਵਿਚ । ਮਨਮੁਖਿ—ਜਿਸ ਮਨੁੱਖ ਦਾ ਮੂੰਹ ਆਪਣੇ ਹੀ ਮਨ ਵਲ ਹੈ, ਜੋ ਆਪਣੇ ਮਨ ਦੇ ਪਿੱਛੇ ਤੁਰਦਾ ਹੈ । ਪਤਿ—ਇੱਜ਼ਤ ।੨।

ਸਾਧ ਸਭਾ—ਸਤ ਸੰਗ । ਸਹਜੁ—ਅਡੋਲਤਾ ਦਾ ਆਨੰਦ, ਸ਼ਾਂਤੀ ਦਾ ਰਸ । ਰਾਈ—ਰਤਾ ਭੀ । ਦਰ—ਪਰਮਾਤਮਾ ਦਾ ਦਰਵਾਜ਼ਾ । ਮੀਟਿ—ਮੀਟ ਕੇ । ਅਖੀ ਮੀਟਿ ਚਲਿਆ—ਅੱਖਾਂ ਬੰਦ ਕਰ ਕੇ ਹੀ ਤੁਰਦਾ ਰਿਹਾ । ਅੰਧਿਆਰਾ—ਅੰਨ੍ਹਾ । ਘਰੁ ਦਰੁ—ਪ੍ਰਭੂ ਦਾ ਘਰ, ਪ੍ਰਭ ਦਾ ਦਰ । ਦਰਿ—ਦਰ ਤੇ ।੩।

ਅਖੀ ਵੇਖਾ—ਮੈਂ ਅੱਖਾਂ ਨਾਲ ਵੇਖ ਸਕਦਾ ਹਾਂ । ਕੰਨੀ—ਕੰਨਾਂ ਨਾਲ । ਸਲਾਹੀ—ਮੈਂ ਸਿਫ਼ਤਿ-ਸਾਲਾਹ ਕਰ ਸਕਦਾ ਹਾਂ । ਅੰਮ੍ਰਿਤੁ—ਅਟੱਲ ਆਤਮਕ-ਜੀਵਨ ਦੇਣ ਵਾਲਾ ਨਾਮ । ਵਸਾਈ—ਮੈਂ ਵਸਾ ਸਕਦਾ

ਹਾਂ । ਸਮਾਈ—ਵਿਆਪਕ । ਸਤਿ—ਸੱਚ ਵਿਚ । ਨਾਮਿ—ਨਾਮ ਵਿਚ (ਜੁੜਿਆਂ) ।੪।

ਨੋਟ:– ਇਸ ਸ਼ਬਦ ਦੇ ਸਾਰੇ ਬੰਦ ਚਉਤੁਕੇ ਹਨ, ਹਰੇਕ-ਬੰਦ ਵਿਚ ਚਾਰ ਚਾਰ ਤੁਕਾਂ ਹਨ । ਪਹਿਲੇ ਦੋ ਸ਼ਬਦਾਂ ਦੇ ਹਰੇਕ ਬੰਦ ਵਿਚ ਤਿੰਨ ਤਿੰਨ ਤੁਕਾਂ ਹਨ ।

ਅਰਥ:– ਜੋ ਮਨੁੱਖ ਕਦੇ ਮਾਪਿਆਂ ਦਾ ਪਿਆਰਾ ਪੁੱਤਰ ਸੀ, ਕਦੇ ਸਹੁਰੇ ਦਾ ਸਿਆਣਾ ਜਵਾਈ ਸੀ, ਕਦੇ ਪੁੱਤਰ ਧੀ ਵਾਸਤੇ ਪਿਆਰਾ ਪਿਉ ਸੀ, ਅਤੇ ਭਰਾ ਦਾ ਬੜਾ (ਸਨੇਹੀ) ਭਰਾ ਸੀ, ਜਦੋਂ ਅਕਾਲ ਪੁਰਖ ਦਾ ਹੁਕਮ ਹੋਇਆ ਤਾਂ ਉਸ ਨੇ ਘਰ ਬਾਰ (ਸਭ ਕੁਝ) ਛੱਡ ਦਿੱਤਾ, ਇਕ ਪਲਕ ਵਿਚ ਸਭ ਕੁਝ ਓਪਰਾ ਹੋ ਗਿਆ । ਆਪਣੇ ਮਨ ਦੇ ਪਿੱਛੇ ਹੀ ਤੁਰਨ ਵਾਲੇ ਬੰਦੇ ਨੇ ਨਾਹ ਨਾਮ ਜਪਿਆ ਨਾਹ ਸੇਵਾ ਕੀਤੀ ਅਤੇ ਨਾਹ ਪਵਿਤ੍ਰ ਆਚਰਨ ਬਣਾਇਆ । ਇਸ ਮਨੁੱਖਾ ਸਰੀਰ ਦੀ ਰਾਹੀਂ ਖੇਹ-ਖ਼ੁਆਰੀ ਹੀ ਕਰਦਾ ਰਿਹਾ ।੧।

ਜਿਸ ਮਨੁੱਖ ਦਾ ਮਨ ਗੁਰੂ ਦੇ ਉਪਦੇਸ਼ ਵਿਚ ਪਤੀਜਦਾ ਹੈ ਉਹ ਪਰਮਾਤਮਾ ਦੇ ਨਾਮ ਨੂੰ ਅਸਲ ਮਿਤ੍ਰ ਸਮਝਦਾ ਹੈ । ਮੈਂ ਤਾਂ ਗੁਰੂ ਦੇ ਪੈਰੀਂ ਲੱਗਦਾ ਹਾਂ, ਗੁਰੂ ਤੋਂ ਸਦਕੇ ਜਾਂਦਾ ਹਾਂ ਜਿਸ ਨੇ ਇਹ ਸੱਚੀ ਮਤਿ ਦਿੱਤੀ ਹੈ (ਕਿ ਪਰਮਾਤਮਾ ਹੀ ਅਸਲ ਮਿਤ੍ਰ ਹੈ) ।੧।

ਮਨਮੁਖ ਦਾ ਮਨ ਜਗਤ ਨਾਲ ਝੂਠੇ ਪਿਆਰ ਵਿਚ ਪ੍ਰੋਇਆ ਰਹਿੰਦਾ ਹੈ, ਸੰਤ ਜਨਾਂ ਨਾਲ ਉਹ ਝਗੜਾ ਖੜਾ ਕਰੀ ਰੱਖਦਾ ਹੈ । ਮਾਇਆ (ਦੇ ਮੋਹ) ਵਿਚ ਮਸਤ ਉਹ ਦਿਨ ਰਾਤ ਮਾਇਆ ਦਾ ਰਾਹ ਹੀ ਤੱਕਦਾ ਰਹਿੰਦਾ ਹੈ, ਪਰਮਾਤਮਾ ਦਾ ਨਾਮ ਕਦੇ ਨਹੀਂ ਸਿਮਰਦਾ, ਇਸ ਤਰ੍ਹਾਂ (ਮਾਇਆ ਦੇ ਮੋਹ ਦੀ) ਜ਼ਹਿਰ ਖਾ ਖਾ ਕੇ ਆਤਮਕ ਮੌਤੇ ਮਰ ਜਾਂਦਾ ਹੈ । ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਗੰਦੇ ਗੀਤਾਂ (ਗਾਵਣ ਸੁਣਨ) ਵਿਚ ਮਸਤ ਰਹਿੰਦਾ ਹੈ, ਗੰਦੇ ਗੀਤ ਨਾਲ ਹੀ ਹਿਤ ਕਰਦਾ ਹੈ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਵਾਲੀ ਬਾਣੀ ਵਿਚ ਉਸ ਦੀ ਸੁਰਤਿ ਨਹੀਂ ਲੱਗਦੀ । ਨਾਹ ਉਹ ਪਰਮਾਤਮਾ ਦੇ ਪਿਆਰ ਵਿਚ ਰੰਗੀਜਦਾ ਹੈ, ਨਾਹ ਉਸ ਨੂੰ ਨਾਮ-ਰਸ ਵਿਚ ਖਿੱਚ ਪੈਂਦੀ ਹੈ । ਮਨਮੁਖ ਇਸੇ ਤਰ੍ਹਾਂ ਆਪਣੀ ਇੱਜ਼ਤ ਗਵਾ ਲੈਂਦਾ ਹੈ ।੨।

ਸਾਧ ਸੰਗਤਿ ਵਿਚ ਜਾ ਕੇ ਮਨਮੁਖ ਆਤਮਕ ਅਡੋਲਤਾ ਦਾ ਆਨੰਦ ਕਦੇ ਨਹੀਂ ਮਾਣਦਾ, ਉਸ ਦੀ ਜੀਭ ਨੂੰ ਨਾਮ ਜਪਣ ਦਾ ਸੁਆਦ ਕਦੇ ਰਤਾ ਭੀ ਨਹੀਂ ਆਉਂਦਾ । ਮਨਮੁਖ ਆਪਣੇ ਮਨ ਨੂੰ ਤਨ ਨੂੰ ਧਨ ਨੂੰ ਹੀ ਆਪਣਾ ਸਮਝੀ ਬੈਠਦਾ ਹੈ, ਪਰਮਾਤਮਾ ਦੇ ਦਰ ਦੀ ਉਸ ਨੂੰ ਕੋਈ ਖ਼ਬਰ-ਸੂਝ ਨਹੀਂ ਪੈਂਦੀ । ਮਨਮੁਖ ਅੰਨ੍ਹਾ (ਜੀਵਨ ਸਫ਼ਰ ਵਿਚ) ਅੱਖਾਂ ਮੀਟ ਕੇ ਹੀ ਤੁਰਿਆ ਜਾਂਦਾ ਹੈ, ਹੇ ਭਾਈ! ਪਰਮਾਤਮਾ ਦਾ ਘਰ ਪਰਮਾਤਮਾ ਦਾ ਦਰ ਉਸ ਨੂੰ ਕਦੇ ਦਿੱਸਦਾ ਹੀ ਨਹੀਂ । ਆਖ਼ਰ ਆਪਣੇ ਕੀਤੇ ਦਾ ਇਹ ਨਫ਼ਾ ਖੱਟਦਾ ਹੈ ਕਿ ਜਮਰਾਜ ਦੇ ਬੂਹੇ ਤੇ ਬੱਝਾ ਹੋਇਆ (ਚੋਟਾਂ ਖਾਂਦਾ ਹੈ, ਇਸ ਸਜ਼ਾ ਤੋਂ ਬਚਣ ਲਈ) ਉਸ ਨੂੰ ਕੋਈ ਸਹਾਰਾ ਨਹੀਂ ਲੱਭਦਾ ।੩।

(ਪਰ ਅਸਾਂ ਜੀਵਾਂ ਦੇ ਕੀਹ ਵੱਸ?) ਜੇ ਪ੍ਰਭੂ ਆਪ ਮੇਹਰ ਦੀ ਨਜ਼ਰ ਕਰੇ ਤਾਂ ਹੀ ਮੈਂ ਉਸ ਨੂੰ ਅੱਖਾਂ ਨਾਲ ਵੇਖ ਸਕਦਾ ਹਾਂ, ਉਸ ਦੇ ਗੁਣਾਂ ਦਾ ਬਿਆਨ ਨਹੀਂ ਕੀਤਾ ਜਾ ਸਕਦਾ । (ਉਸ ਦੀ ਮੇਹਰ ਹੋਵੇ ਤਾਂ ਹੀ) ਕੰਨਾਂ ਨਾਲ ਉਸ ਦੀ ਸਿਫ਼ਤਿ-ਸਾਲਾਹ ਸੁਣ ਸੁਣ ਕੇ ਗੁਰੂ ਦੇ ਸ਼ਬਦ ਦੀ ਰਾਹੀਂ ਉਸ ਦੀ ਸਿਫ਼ਤਿ-ਸਾਲਾਹ ਮੈਂ ਕਰ ਸਕਦਾ ਹਾਂ, ਤੇ ਅਟੱਲ ਆਤਮਕ ਜੀਵਨ ਦੇਣ ਵਾਲਾ ਉਸ ਦਾ ਨਾਮ ਹਿਰਦੇ ਵਿਚ ਵਸਾ ਸਕਦਾ ਹਾਂ ।

ਹੇ ਨਾਨਕ! ਪ੍ਰਭੂ ਨਿਰਭਉ ਹੈ ਨਿਰ-ਆਕਾਰ ਹੈ ਨਿਰਵੈਰ ਹੈ ਉਸ ਦੀ ਜੋਤਿ ਸਾਰੇ ਜਗਤ ਵਿਚ ਪੂਰਨ

ਤੌਰ ਤੇ ਵਿਆਪਕ ਹੈ, ਉਸ ਦੇ ਸਦਾ-ਥਿਰ ਰਹਿਣ ਵਾਲੇ ਨਾਮ ਵਿਚ ਟਿਕਿਆਂ ਹੀ ਆਦਰ ਮਿਲਦਾ ਹੈ, ਪਰ ਗੁਰੂ ਦੀ ਸ਼ਰਨ ਤੋਂ ਬਿਨਾ ਮਨ ਦੀ ਭਟਕਣਾ ਦੂਰ ਨਹੀਂ ਹੁੰਦੀ (ਤੇ ਭਟਕਣਾ ਦੂਰ ਹੋਣ ਤੋਂ ਬਿਨਾ ਨਾਮ ਵਿਚ ਜੁੜ ਨਹੀਂ ਸਕੀਦਾ) ।੪।੩।

ਸੋਰਠਿ ਮਹਲਾ ੧ ਦੁਤੁਕੇ ॥ ਪੁੜੁ ਧਰਤੀ ਪੁੜੁ ਪਾਣੀ ਆਸਣੁ ਚਾਰਿ ਕੁੰਟ ਚਉਬਾਰਾ ॥ ਸਗਲ ਭਵਣ ਕੀ ਮੂਰਤਿ ਏਕਾ ਮੁਖਿ ਤੇਰੈ ਟਕਸਾਲਾ ॥੧॥ ਮੇਰੇ ਸਾਹਿਬਾ ਤੇਰੇ ਚੋਜ ਵਿਡਾਣਾ ॥ ਜਲਿ ਥਲਿ ਮਹੀਅਲਿ ਭਰਿਪੁਰਿ ਲੀਣਾ ਆਪੇ ਸਰਬ ਸਮਾਣਾ ॥ ਰਹਾਉ ॥ ਜਹ ਜਹ ਦੇਖਾ ਤਹ ਜੋਤਿ ਤੁਮਾਰੀ ਤੇਰਾ ਰੂਪੁ ਕਿਨੇਹਾ ॥ ਇਕਤੁ ਰੂਪਿ ਫਿਰਹਿ ਪਰਛੰਨਾ ਕੋਇ ਨ ਕਿਸ ਹੀ ਜੇਹਾ ॥੨॥ ਅੰਡਜ ਜੇਰਜ ਉਤਭੁਜ ਸੇਤਜ ਤੇਰੇ ਕੀਤੇ ਜੰਤਾ ॥ ਏਕੁ ਪੁਰਬੁ ਮੈ ਤੇਰਾ ਦੇਖਿਆ ਤੂ ਸਭਨਾ ਮਾਹਿ ਰਵੰਤਾ ॥੩॥ ਤੇਰੇ ਗੁਣ ਬਹੁਤੇ ਮੈ ਏਕੁ ਨ ਜਾਣਿਆ ਮੈ ਮੂਰਖ ਕਿਛੁ ਦੀਜੈ ॥ ਪ੍ਰਣਵਤਿ ਨਾਨਕ ਸੁਣਿ ਮੇਰੇ ਸਾਹਿਬਾ ਡੁਬਦਾ ਪਥਰੁ ਲੀਜੈ ॥੪॥੪॥ {ਪੰਨਾ 596}

ਪਦਅਰਥ:- ਦੁਤੁਕੇ—ਦੋ ਦੋ ਤੁਕਾਂ ਵਾਲੇ ਸਾਰੇ 'ਬੰਦ' ।

ਪੁੜੁ—(ਚੱਕੀ ਦਾ) ਪੁੜ । ਪਾਣੀ—ਬੱਦਲ, ਆਕਾਸ਼ । ਕੁੰਟ—ਕੂਟ, ਪਾਸਾ । ਆਸਣੁ—ਨਿਵਾਸ-ਥਾਂ । ਭਵਣ—ਸ੍ਰਿਸ਼ਟੀ । ਮੂਰਤਿ—ਮੂਰਤੀਆਂ, ਜੀਅ-ਜੰਤ । ਮੁਖਿ—ਮੁਖੀ, ਸ੍ਰੇਸ਼ਟ । ਤੇਰੈ ਮੁਖਿ ਟਕਸਾਲਾ—ਤੇਰੇ ਸ੍ਰੇਸ਼ਟ ਟਕਸਾਲ ਵਿਚੋਂ ਘੜੇ ਗਏ ਹਨ ।੧।

ਚੋਜ—ਕੌਤਕ, ਤਮਾਸ਼ੇ । ਮਹੀਅਲਿ—ਮਹੀ ਤਲਿ, ਧਰਤੀ ਦੇ ਤਲ ਉੱਤੇ, ਆਕਾਸ਼ ਵਿਚ । ਭਰਿਪੁਰਿ—ਭਰਪੂਰ, ਨਕਾ ਨਕ ।ਰਹਾਉ।

ਕਿਨੇਹਾ—ਕਿਹੋ ਜਿਹਾ? ਬਿਆਨ ਤੋਂ ਪਰੇ । ਇਕਤੁ ਰੂਪਿ—ਇਕੋ ਰੂਪ ਵਿਚ (ਹੁੰਦਿਆਂ), ਇਕ ਆਪ ਹੀ ਆਪ ਹੁੰਦਿਆਂ । ਪਰਛੰਨਾ—ਲੁਕਿਆ ਹੋਇਆ ।੨।

ਅੰਡਜ—ਅੰਡੇ ਤੋਂ ਜਨਮੇ ਹੋਏ । ਜੇਰਜ—ਜਿਓਰ ਤੋਂ ਜੰਮੇ ਹੋਏ । ਉਤਭੁਜ—ਪਾਣੀ ਦੀ ਰਾਹੀਂ ਧਰਤੀ ਤੋਂ ਜੰਮੇ ਹੋਏ । ਸੇਤਜ—ਸ੍ਵੇਤ (ਮੁੜ੍ਹਕੇ) ਤੋਂ ਪੈਦਾ ਹੋਏ । ਪੁਰਬੁ—ਵਡਿਆਈ, ਅਚਰਜ ਖੇਡ । ਰਵੰਤਾ—ਰਮਿਆ ਹੋਇਆ, ਵਿਆਪਕ ।੩।

ਕਿਛੁ—ਕੋਈ ਚੰਗੀ ਅਕਲ । ਲੀਜੈ—ਕੱਢ ਲੈ ।੪।

ਅਰਥ:- ਹੇ ਮੇਰੇ ਮਾਲਿਕ! ਤੇਰੇ ਅਚਰਜ ਕੌਤਕ ਹਨ । ਤੂੰ ਪਾਣੀ ਵਿਚ, ਧਰਤੀ ਦੇ ਅੰਦਰ, ਧਰਤੀ ਦੇ ਉਪਰ (ਸਾਰੇ ਪੁਲਾੜ ਵਿਚ) ਭਰਪੂਰ ਵਿਆਪਕ ਹੈਂ । ਤੂੰ ਆਪ ਹੀ ਸਭ ਥਾਂ ਮੌਜੂਦ ਹੈਂ ।ਰਹਾਉ।

ਹੇ ਪ੍ਰਭੂ! ਇਹ ਸਾਰੀ ਸ੍ਰਿਸ਼ਟੀ ਤੇਰਾ ਚੁਬਾਰਾ ਹੈ, ਚਾਰੇ ਪਾਸੇ ਉਸ ਚੁਬਾਰੇ ਦੀਆਂ ਚਾਰ ਕੰਧਾਂ ਹਨ, ਧਰਤੀ ਉਸ ਚੁਬਾਰੇ ਦਾ (ਹੇਠਲਾ) ਪੁੜ ਹੈ (ਫ਼ਰਸ਼ ਹੈ), ਆਕਾਸ਼ ਉਸ ਚੁਬਾਰੇ ਦਾ (ਉਪਰਲਾ) ਪੁੜ ਹੈ (ਛੱਤ ਹੈ) । ਇਸ ਚੁਬਾਰੇ ਵਿਚ ਤੇਰਾ ਨਿਵਾਸ ਹੈ । ਸਾਰੀ ਸ੍ਰਿਸ਼ਟੀ (ਦੇ ਜੀਆਂ ਜੰਤਾਂ) ਦੀਆਂ ਮੂਰਤੀਆਂ ਤੇਰੀ ਹੀ ਸ੍ਰੇਸ਼ਟ ਟਕਸਾਲ ਵਿਚ ਘੜੀਆਂ ਗਈਆਂ ਹਨ ।੧।

ਮੈਂ ਜਿਸ ਪਾਸੇ ਤੱਕਦਾ ਹਾਂ ਤੇਰੀ ਹੀ ਜੋਤਿ (ਪ੍ਰਕਾਸ਼ ਕਰ ਰਹੀ) ਹੈ, ਪਰ ਤੇਰਾ ਸਰੂਪ ਕੈਸਾ ਹੈ (ਇਹ

ਬਿਆਨ ਤੋਂ ਪਰੇ ਹੈ) । ਤੂੰ ਆਪ ਹੀ ਆਪ ਹੁੰਦਿਆਂ ਭੀ ਇਹਨਾਂ ਬੇਅੰਤ ਜੀਵਾਂ ਵਿਚ ਲੁਕ ਕੇ ਫਿਰ ਰਿਹਾ ਹੈਂ (ਅਸਚਰਜ ਇਹ ਹੈ ਕਿ) ਕੋਈ ਇਕ ਜੀਵ ਕਿਸੇ ਦੂਜੇ ਵਰਗਾ ਨਹੀਂ ਹੈ ।੨।

ਅੰਡੇ ਵਿਚੋਂ ਜਿਓਰ ਵਿਚੋਂ ਧਰਤੀ ਵਿਚੋਂ ਮੁੜ੍ਹਕੇ ਵਿਚੋਂ ਜੰਮੇ ਹੋਏ ਇਹ ਸਾਰੇ ਜੀਵ ਤੇਰੇ ਹੀ ਪੈਦਾ ਕੀਤੇ ਹੋਏ ਹਨ (ਇਹ ਸਾਰੇ ਅਨੇਕਾਂ ਰੰਗਾਂ ਤੇ ਕਿਸਮਾਂ ਦੇ ਹਨ), ਪਰ ਮੈਂ ਤੇਰੀ ਅਚਰਜ ਖੇਡ ਵੇਖਦਾ ਹਾਂ ਕਿ ਤੂੰ ਇਹਨਾਂ ਸਭਨਾਂ ਜੀਵਾਂ ਵਿਚ ਮੌਜੂਦ ਹੈਂ ।੩।

ਨਾਨਕ ਬੇਨਤੀ ਕਰਦਾ ਹੈ—ਹੇ ਪ੍ਰਭੂ! ਤੇਰੇ ਅਨੇਕਾਂ ਗੁਣ ਹਨ, ਮੈਨੂੰ ਕਿਸੇ ਇੱਕ ਦੀ ਭੀ ਪੂਰੀ ਸਮਝ ਨਹੀਂ ਹੈ । ਹੇ ਮੇਰੇ ਮਾਲਕ! ਸੁਣ! ਮੈਨੂੰ ਮੂਰਖ ਨੂੰ ਕੋਈ ਚੰਗੀ ਅਕਲ ਦੇਹ, ਮੈਂ ਵਿਕਾਰਾਂ ਵਿਚ ਡੁੱਬ ਰਿਹਾ ਹਾਂ ਜਿਵੇਂ ਪੱਥਰ ਪਾਣੀ ਵਿਚ ਡੁੱਬ ਜਾਂਦਾ ਹੈ । ਮੈਨੂੰ ਕੱਢ ਲੈ ।੪।੪।

ਸੋਰਠਿ ਮਹਲਾ ੧ ॥ ਹਉ ਪਾਪੀ ਪਤਿਤੁ ਪਰਮ ਪਾਖੰਡੀ ਤੂ ਨਿਰਮਲੁ ਨਿਰੰਕਾਰੀ ॥ ਅੰਮ੍ਰਿਤੁ ਚਾਖਿ ਪਰਮ ਰਸਿ ਰਾਤੇ ਠਾਕੁਰ ਸਰਣਿ ਤੁਮਾਰੀ ॥੧॥ ਕਰਤਾ ਤੂ ਮੈ ਮਾਣੁ ਨਿਮਾਣੇ ॥ ਮਾਣੁ ਮਹਤੁ ਨਾਮੁ ਧਨੁ ਪਲੈ ਸਾਚੈ ਸਬਦਿ ਸਮਾਣੇ ॥ ਰਹਾਉ ॥ ਤੂ ਪੂਰਾ ਹਮ ਊਰੇ ਹੋਛੇ ਤੂ ਗਉਰਾ ਹਮ ਹਉਰੇ ॥ ਤੁਝ ਹੀ ਮਨ ਰਾਤੇ ਅਹਿਨਿਸਿ ਪਰਭਾਤੇ ਹਰਿ ਰਸਨਾ ਜਪਿ ਮਨ ਰੇ ॥੨॥ ਤੁਮ ਸਾਚੇ ਹਮ ਤੁਮ ਹੀ ਰਾਚੇ ਸਬਦਿ ਭੇਦਿ ਫੁਨਿ ਸਾਚੇ ॥ ਅਹਿਨਿਸਿ ਨਾਮਿ ਰਤੇ ਸੇ ਸੂਚੇ ਮਰਿ ਜਨਮੇ ਸੇ ਕਾਚੇ ॥੩॥ ਅਵਰੁ ਨ ਦੀਸੈ ਕਿਸੁ ਸਾਲਾਹੀ ਤਿਸਹਿ ਸਰੀਕੁ ਨ ਕੋਈ ॥ ਪ੍ਰਣਵਤਿ ਨਾਨਕੁ ਦਾਸਨਿ ਦਾਸਾ ਗੁਰਮਤਿ ਜਾਨਿਆ ਸੋਈ ॥੪॥੫॥ {ਪੰਨਾ 596-597}

ਪਦਅਰਥ:- ਹਉ—ਮੈਂ । ਪਤਿਤੁ—ਡਿੱਗਾ ਹੋਇਆ, ਵਿਕਾਰਾਂ ਵਿਚ ਪਿਆ ਹੋਇਆ । ਅੰਮ੍ਰਿਤੁ—ਅਟੱਲ ਜੀਵਨ ਦੇਣ ਵਾਲਾ ਨਾਮ-ਰਸ । ਰਸਿ—ਰਸ ਵਿਚ । ਠਾਕੁਰ—ਹੇ ਠਾਕੁਰ! ।੧।

ਕਰਤਾ—ਹੇ ਕਰਤਾਰ! ਮਹਤੁ—ਮਹੱਤਤਾ, ਵਡਿਆਈ ।ਰਹਾਉ।

ਊਰੇ—ਊਣੇ । ਹੋਛੇ—ਥੋੜ੍ਹ-ਵਿਤੇ । ਗਉਰਾ—ਗੰਭੀਰ, ਭਾਰਾ । ਹਉਰੇ—ਹੌਲੇ । ਮਨ—ਜਿਨ੍ਹਾਂ ਦੇ ਮਨ । ਰਸਨਾ—ਜੀਭ । ਮਨ ਰੇ—ਹੇ ਮੇਰੇ ਮਨ!

ਸਾਚੇ—ਸਦਾ-ਥਿਰ ਰਹਿਣ ਵਾਲੇ । ਭੇਦਿ—ਵਿੱਝ ਕੇ । ਫੁਨਿ—ਮੁੜ, ਭੀ । ਅਹਿ—ਦਿਨ । ਨਿਸਿ—ਰਾਤ । ਨਾਮਿ—ਨਾਮ ਵਿਚ । ਕਾਚੇ—ਕੱਚੀ ਘਾੜਤ ਵਾਲੇ, ਕੋਝੀ ਘਾੜਤ ਵਾਲੇ ।੩।

ਸਾਲਾਹੀ—ਮੈਂ ਸਿਫ਼ਤਿ ਕਰਾਂ । ਸਰੀਕੁ—ਬਰਾਬਰ ਦਾ ।੪।

ਅਰਥ:- ਹੇ ਮੇਰੇ ਕਰਤਾਰ! (ਦੁਨੀਆ ਵਿਚ ਕਿਸੇ ਨੂੰ ਧਨ ਦਾ ਮਾਣ, ਕਿਸੇ ਨੂੰ ਗੁਣਾਂ ਦਾ ਫ਼ਖ਼ਰ । ਮੇਰੇ ਪੱਲੇ ਗੁਣ ਨਹੀਂ ਹਨ) ਮੈਂ ਨਿਮਾਣੇ ਵਾਸਤੇ ਤੂੰ ਹੀ ਮਾਣ ਹੈਂ (ਮੈਨੂੰ ਤੇਰਾ ਹੀ ਮਾਣ ਹੈ, ਆਸਰਾ ਹੈ) । ਜਿਨ੍ਹਾਂ ਦੇ ਪੱਲੇ ਪਰਮਾਤਮਾ ਦਾ ਨਾਮ-ਧਨ ਹੈ, ਜੋ ਗੁਰ-ਸ਼ਬਦ ਦੀ ਰਾਹੀਂ ਸਦਾ-ਥਿਰ ਰਹਿਣ ਵਾਲੇ ਪ੍ਰਭੂ ਵਿਚ ਲੀਨ ਰਹਿੰਦੇ ਹਨ ਉਹਨਾਂ ਨੂੰ ਹੀ ਮਾਣ ਮਿਲਦਾ ਹੈ ਉਹਨਾਂ ਨੂੰ ਹੀ ਵਡਿਆਈ ਮਿਲਦੀ ਹੈ ।ਰਹਾਉ।

ਹੇ ਮੇਰੇ ਠਾਕੁਰ! ਮੈਂ ਵਿਕਾਰੀ ਹਾਂ, (ਸਦਾ ਵਿਕਾਰਾਂ ਵਿਚ ਹੀ) ਡਿਗਿਆ ਰਹਿੰਦਾ ਹਾਂ, ਬੜਾ ਹੀ ਪਖੰਡੀ

ਹਾਂ, ਤੂੰ ਪਵਿਤ੍ਰ ਨਿਰੰਕਾਰ ਹੈਂ । (ਇਤਨੀ ਭਾਰੀ ਵਿੱਥ ਹੁੰਦਿਆਂ ਮੈਂ ਤੇਰੇ ਚਰਨਾਂ ਵਿਚ ਕਿਵੇਂ ਪਹੁੰਚਾਂ?) । (ਪਰ ਤੂੰ ਸਰਨ ਪਏ ਦੀ ਲਾਜ ਰੱਖਣ ਵਾਲਾ ਹੈਂ) ਜੇਹੜੇ ਬੰਦੇ ਤੇਰੀ ਸਰਨ ਪੈਂਦੇ ਹਨ; ਉਹ ਅਟੱਲ ਆਤਮਕ ਜੀਵਨ ਦੇਣ ਵਾਲਾ ਤੇਰਾ ਨਾਮ-ਰਸ ਚੱਖ ਕੇ ਉਸ ਸਭ ਤੋਂ ਉੱਚੇ ਰਸ ਵਿਚ ਮਸਤ ਰਹਿੰਦੇ ਹਨ ।੧।

ਹੇ ਪ੍ਰਭੂ! ਤੂੰ ਗੁਣਾਂ ਨਾਲ ਭਰਪੂਰ ਹੈਂ, ਅਸੀ ਜੀਵ ਊਣੇ ਹਾਂ ਤੇ ਥੋੜ੍ਹ-ਵਿਤੇ ਹਾਂ । ਤੂੰ ਗੰਭੀਰ ਹੈਂ ਅਸੀ ਹੌਲੇ ਹਾਂ (ਹੇ ਪ੍ਰਭੂ!) ਜਿਨ੍ਹਾਂ ਦੇ ਮਨ ਦਿਨ ਰਾਤ ਹਰ ਵੇਲੇ ਤੇਰੇ ਪਿਆਰ ਵਿਚ ਰੰਗੇ ਰਹਿੰਦੇ ਹਨ (ਉਹਨਾਂ ਨੂੰ ਤੂੰ ਆਪਣੇ ਚਰਨਾਂ ਵਿਚ ਜੋੜ ਕੇ ਪੂਰਾ ਤੇ ਗੰਭੀਰ ਬਣਾ ਲੈਂਦਾ ਹੈਂ) । ਹੇ ਮੇਰੇ ਮਨ! ਤੂੰ ਭੀ ਜੀਭ ਨਾਲ ਪਰਮਾਤਮਾ ਦਾ ਨਾਮ ਜਪ (ਤੇਰੇ ਅੰਦਰ ਭੀ ਉਸ ਦੀ ਮੇਹਰ ਨਾਲ ਗੁਣ ਪੈਦਾ ਹੋ ਜਾਣਗੇ) ।੨।

ਹੇ ਪ੍ਰਭੂ! ਤੂੰ ਸਦਾ-ਥਿਰ ਰਹਿਣ ਵਾਲਾ ਹੈਂ, ਜੇ ਅਸੀ ਜੀਵ ਤੇਰੀ ਯਾਦ ਵਿਚ ਹੀ ਟਿਕੇ ਰਹੀਏ, ਜੇ ਅਸੀ ਤੇਰੀ ਸਿਫ਼ਤਿ-ਸਾਲਾਹ ਦੇ ਸ਼ਬਦ ਵਿਚ ਵਿਝੇ ਰਹੀਏ, ਤਾਂ ਅਸੀ ਭੀ (ਤੇਰੀ ਮੇਹਰ ਨਾਲ) ਅਡੋਲ-ਚਿੱਤ ਹੋ ਸਕਦੇ ਹਾਂ । ਜੇਹੜੇ ਮਨੁੱਖ ਦਿਨ ਰਾਤ ਤੇਰੇ ਨਾਮ ਵਿਚ ਰੰਗੇ ਰਹਿੰਦੇ ਹਨ ਉਹ ਪਵਿਤ੍ਰ-ਆਤਮਾ ਹਨ, (ਪਰ ਨਾਮ ਵਿਸਾਰ ਕੇ) ਜੋ ਜਨਮ ਮਰਨ ਦੇ ਗੇੜ ਵਿਚ ਪਏ ਹੋਏ ਹਨ, ਉਹਨਾਂ ਦੇ ਮਨ ਦੀ ਘਾੜਤ ਅਜੇ ਕੋਝੀ ਹੈ ।੩।

ਪਰਮਾਤਮਾ ਦੇ ਬਰਾਬਰ ਦਾ ਹੋਰ ਕੋਈ ਨਹੀਂ ਹੈ, ਕੋਈ ਹੋਰ ਮੈਨੂੰ ਉਸ ਵਰਗਾ ਨਹੀਂ ਦਿੱਸਦਾ ਜਿਸ ਦੀ ਮੈਂ ਸਿਫ਼ਤਿ-ਸਾਲਾਹ ਕਰ ਸਕਾਂ । ਨਾਨਕ ਬੇਨਤੀ ਕਰਦਾ ਹੈ, ਮੈਂ ਉਹਨਾਂ ਦੇ ਦਾਸਾਂ ਦਾ ਦਾਸ ਹਾਂ ਜਿਨ੍ਹਾਂ ਨੇ ਗੁਰੂ ਦੀ ਮਤਿ ਲੈ ਕੇ ਉਸ (ਲਾ-ਸ਼ਰੀਕ) ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲਈ ਹੈ ।੪।੫।

ਸੋਰਠਿ ਮਹਲਾ ੧ ॥ ਅਲਖ ਅਪਾਰ ਅਗੰਮ ਅਗੋਚਰ ਨਾ ਤਿਸੁ ਕਾਲੁ ਨ ਕਰਮਾ ॥ ਜਾਤਿ ਅਜਾਤਿ ਅਜੋਨੀ ਸੰਭਉ ਨਾ ਤਿਸੁ ਭਾਉ ਨ ਭਰਮਾ ॥੧॥ ਸਾਚੇ ਸਚਿਆਰ ਵਿਟਹੁ ਕੁਰਬਾਣੁ ॥ ਨਾ ਤਿਸੁ ਰੂਪ ਵਰਨੁ ਨਹੀ ਰੇਖਿਆ ਸਾਚੈ ਸਬਦਿ ਨੀਸਾਣੁ ॥ ਰਹਾਉ ॥ ਨਾ ਤਿਸੁ ਮਾਤ ਪਿਤਾ ਸੁਤ ਬੰਧਪ ਨਾ ਤਿਸੁ ਕਾਮੁ ਨ ਨਾਰੀ ॥ ਅਕੁਲ ਨਿਰੰਜਨ ਅਪਰ ਪਰੰਪਰੁ ਸਗਲੀ ਜੋਤਿ ਤੁਮਾਰੀ ॥੨॥ ਘਟ ਘਟ ਅੰਤਰਿ ਬ੍ਰਹਮੁ ਲੁਕਾਇਆ ਘਟਿ ਘਟਿ ਜੋਤਿ ਸਬਾਈ ॥ ਬਜਰ ਕਪਾਟ ਮੁਕਤੇ ਗੁਰਮਤੀ ਨਿਰਭੈ ਤਾੜੀ ਲਾਈ ॥੩॥ ਜੰਤ ਉਪਾਇ ਕਾਲੁ ਸਿਰਿ ਜੰਤਾ ਵਸਗਤਿ ਜੁਗਤਿ ਸਬਾਈ ॥ ਸਤਿਗੁਰੁ ਸੇਵਿ ਪਦਾਰਥੁ ਪਾਵਹਿ ਛੂਟਹਿ ਸਬਦੁ ਕਮਾਈ ॥੪॥ ਸੁਚੈ ਭਾਡੈ ਸਾਚੁ ਸਮਾਵੈ ਵਿਰਲੇ ਸੂਚਾਚਾਰੀ ॥ ਤੰਤੈ ਕਉ ਪਰਮ ਤੰਤੁ ਮਿਲਾਇਆ ਨਾਨਕ ਸਰਣਿ ਤੁਮਾਰੀ ॥੫॥੬॥ {ਪੰਨਾ 597}

ਪਦਅਰਥ:- ਅਲਖ—{A l ™X—invisible} ਅਦ੍ਰਿੱਸ਼ । ਅਗੰਮ—ਅਪਹੁੰਚ । ਗੋ—ਗਿਆਨ-ਇੰਦ੍ਰੇ । ਗੋਚਰ—ਜਿਸ ਤਕ ਗਿਆਨ-ਇੰਦ੍ਰੇ ਪਹੁੰਚ ਸਕਣ । ਅਗੋਚਰ—ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨ ਹੋ ਸਕੇ । ਕਾਲੁ—ਮੌਤ । ਕਰਮਾ—ਕਰਮ, ਕੰਮ । ਅਜਾਤਿ—ਜਿਸ ਦੀ ਕੋਈ ਜਾਤਿ ਨਹੀਂ । ਸੰਭਉ—{ÔvXBi} ਆਪਣੇ ਆਪ ਤੋਂ ਪਰਗਟ ਹੋਣ ਵਾਲਾ । ਭਾਉ—ਮੋਹ ।੧।

ਸਚਿਆਰ—{sÄXwlX} ਸੱਚ ਦਾ ਸੋਮਾ । ਵਿਟਹੁ—ਤੋਂ । ਵਰਨੁ—ਰੰਗ । ਰੇਖਿਆ—ਚਿਹਨ । ਨੀਸਾਣੁ—ਥਹੁ-ਪਤਾ ।ਰਹਾਉ।

ਸੁਤ—ਪੁੱਤਰ । ਬੰਧਪ—ਰਿਸ਼ਤੇਦਾਰ । ਕਾਮੁ—ਕਾਮ-ਵਾਸਨਾ । ਅਕੁਲ—ਜਿਸ ਦੀ ਕੋਈ ਖ਼ਾਸ ਕੁਲ ਨਹੀਂ । ਪਰੰਪਰੁ—ਪਰੇ ਤੋਂ ਪਰੇ, ਬੇਅੰਤ ।੨।

ਅੰਤਰਿ—ਅੰਦਰ । ਘਟਿ ਘਟਿ—ਹਰੇਕ ਘਟ ਵਿਚ । ਸਬਾਈ—ਹਰ ਥਾਂ । ਬਜਰ—ਪੱਥਰ ਵਰਗੇ ਕਰੜੇ । ਕਪਾਟ—ਕਵਾੜ, ਭਿੱਤ । ਮੁਕਤੇ—ਖੁਲ੍ਹ ਜਾਂਦੇ । ਨਿਰਭੈ—ਨਿਡਰ ਅਵਸਥਾ ਵਿਚ । ਤਾੜੀ—ਸਮਾਧੀ ।੩।

ਸਿਰਿ ਜੰਤਾ—ਸਭ ਜੀਵਾਂ ਦੇ ਸਿਰ ਤੇ । ਸਬਾਈ—ਸਾਰੀ । ਵਸਗਤਿ—ਵੱਸ ਵਿਚ ਕੀਤੀ ਹੋਈ । ਪਾਵਹਿ—ਜੀਵ ਪ੍ਰਾਪਤ ਕਰਦੇ ਹਨ । ਕਮਾਈ—ਕਮਾਇ, ਕਮਾ ਕੇ ।੪।

ਭਾਡੈ—ਭਾਂਡੇ ਵਿਚ । ਸੁਚਾਚਾਰੀ—ਸੁੱਚੇ ਆਚਾਰ ਵਾਲੇ । ਤੰਤੈ ਕਉ—ਜੀਵਾਤਮਾ ਨੂੰ । ਪਰਮ ਤੰਤੁ—ਪਰਮ ਆਤਮਾ ।੫।

ਅਰਥ:- ਮੈਂ ਸਦਾ ਕੁਰਬਾਨ ਹਾਂ ਉਸ ਪਰਮਾਤਮਾ ਤੋਂ ਜੋ ਸਦਾ ਕਾਇਮ ਰਹਿਣ ਵਾਲਾ ਹੈ ਤੇ ਜੋ ਸਚਾਈ ਦਾ ਸੋਮਾ ਹੈ । ਉਸ ਪਰਮਾਤਮਾ ਦਾ ਨਾਹ ਕੋਈ ਰੂਪ ਹੈ ਨਾਹ ਰੰਗ ਹੈ ਅਤੇ ਨਾਹ ਕੋਈ ਚਿਹਨ ਚੱਕ੍ਰ ਹੈ । ਸੱਚੇ ਸ਼ਬਦ ਵਿਚ ਜੁੜਿਆਂ ਉਸ ਦਾ ਥਹੁ-ਪਤਾ ਲੱਗਦਾ ਹੈ ।ਰਹਾਉ।

ਉਹ ਪਰਮਾਤਮਾ ਅਦ੍ਰਿੱਸ਼ ਹੈ, ਬੇਅੰਤ ਹੈ, ਅਪਹੁੰਚ ਹੈ, ਮਨੁੱਖ ਦੇ ਗਿਆਨ-ਇੰਦ੍ਰੇ ਉਸ ਨੂੰ ਸਮਝ ਨਹੀਂ ਸਕਦੇ, ਮੌਤ ਉਸ ਨੂੰ ਪੋਹ ਨਹੀਂ ਸਕਦੀ, ਕਰਮਾਂ ਦਾ ਉਸ ਉਤੇ ਕੋਈ ਦਬਾਉ ਨਹੀਂ (ਜਿਵੇਂ ਜੀਵ ਕਰਮ-ਅਧੀਨ ਹਨ ਉਹ ਨਹੀਂ) । ਉਸ ਪ੍ਰਭੂ ਦੀ ਕੋਈ ਜਾਤਿ ਨਹੀਂ, ਉਹ ਜੂਨਾਂ ਵਿਚ ਨਹੀਂ ਪੈਂਦਾ, ਉਸ ਦਾ ਪ੍ਰਕਾਸ਼ ਆਪਣੇ ਆਪ ਤੋਂ ਹੈ । ਨਾਹ ਉਸ ਨੂੰ ਕੋਈ ਮੋਹ ਵਿਆਪਦਾ ਹੈ, ਨਾਹ ਉਹਨੂੰ ਕੋਈ ਭਟਕਣਾ ਹੈ ।੧।

ਉਸ ਪ੍ਰਭੂ ਦੀ ਨਾਹ ਮਾਂ ਨਾਹ ਪਿਉ ਨਾਹ ਉਸ ਦਾ ਕੋਈ ਪੁੱਤਰ ਨਾਹ ਰਿਸ਼ਤੇਦਾਰ । ਨਾਹ ਉਸ ਨੂੰ ਕਾਮ-ਵਾਸਨਾ ਫੁਰਦੀ ਹੈ ਤੇ ਨਾਹ ਹੀ ਉਸ ਦੀ ਕੋਈ ਵਹੁਟੀ ਹੈ । ਉਸ ਦੀ ਕੋਈ ਖ਼ਾਸ ਕੁਲ ਨਹੀਂ, ਉਹ ਮਾਇਆ ਦੇ ਪ੍ਰਭਾਵ ਤੋਂ ਪਰੇ ਹੈ, ਬੇਅੰਤ ਹੈ ਪਰੇ ਤੋਂ ਪਰੇ ਹੈ । ਹੇ ਪ੍ਰਭੂ! ਸਭ ਥਾਂ ਤੇਰੀ ਹੀ ਜੋਤਿ ਪ੍ਰਕਾਸ਼ ਕਰ ਰਹੀ ਹੈ ।੨।

ਹਰੇਕ ਸਰੀਰ ਦੇ ਅੰਦਰ ਪਰਮਾਤਮਾ ਗੁਪਤ ਹੋ ਕੇ ਬੈਠਾ ਹੋਇਆ ਹੈ, ਹਰੇਕ ਘਟ ਵਿਚ ਹਰ ਥਾਂ ਉਸੇ ਦੀ ਜੋਤਿ ਹੈ (ਪਰ ਮਾਇਆ ਦੇ ਮੋਹ ਦੇ ਕਰੜੇ ਕਵਾੜ ਲੱਗੇ ਹੋਣ ਕਰ ਕੇ ਜੀਵ ਨੂੰ ਇਹ ਸਮਝ ਨਹੀਂ ਆਉਂਦੀ) । ਗੁਰੂ ਦੀ ਮਤਿ ਤੇ ਤੁਰ ਕੇ ਜਿਸ ਮਨੁੱਖ ਦੇ ਇਹ ਕਰੜੇ ਕਵਾੜ ਖੁਲ੍ਹਦੇ ਹਨ ਉਸ ਨੂੰ ਇਹ ਸਮਝ ਆਉਂਦੀ ਹੈ ਕਿ ਹਰੇਕ ਜੀਵ ਵਿਚ ਵਿਆਪਕ ਹੁੰਦਾ ਹੋਇਆ ਭੀ ਪ੍ਰਭੂ ਨਿਡਰ ਅਵਸਥਾ ਵਿਚ ਟਿਕਿਆ ਬੈਠਾ ਹੈ ।੩।

ਸਭ ਜੀਵਾਂ ਨੂੰ ਪੈਦਾ ਕਰ ਕੇ ਸਭ ਦੇ ਸਿਰ ਉਤੇ ਪਰਮਾਤਮਾ ਨੇ ਮੌਤ (ਭੀ) ਟਿਕਾਈ ਹੋਈ ਹੈ, ਸਭ ਜੀਵਾਂ ਦੀ ਜੀਵਨ-ਜੁਗਤਿ ਪ੍ਰਭੂ ਨੇ ਆਪਣੇ ਵੱਸ ਵਿਚ ਰੱਖੀ ਹੋਈ ਹੈ । ਜੇਹੜੇ ਮਨੁੱਖ ਗੁਰੂ ਦੇ ਦੱਸੇ ਰਾਹ ਤੇ ਤੁਰ ਕੇ ਨਾਮ-ਪਦਾਰਥ ਹਾਸਲ ਕਰਦੇ ਹਨ, ਉਹ ਗੁਰ-ਸ਼ਬਦ ਨੂੰ ਕਮਾ ਕੇ (ਗੁਰ-ਸ਼ਬਦ ਅਨੁਸਾਰ ਜੀਵਨ ਢਾਲ ਕੇ ਮਾਇਆ ਦੇ ਬੰਧਨਾਂ ਤੋਂ) ਆਜ਼ਾਦ ਹੋ ਜਾਂਦੇ ਹਨ ।੪।

ਪਵਿਤ੍ਰ ਹਿਰਦੇ ਵਿਚ ਹੀ ਸਦਾ ਕਾਇਮ ਰਹਿਣ ਵਾਲਾ ਪ੍ਰਭੂ ਟਿਕ ਸਕਦਾ ਹੈ, ਪਰ ਸੁੱਚੇ ਆਚਰਨ ਵਾਲੇ (ਪਵਿਤ੍ਰ ਹਿਰਦੇ ਵਾਲੇ) ਕੋਈ ਵਿਰਲੇ ਹੁੰਦੇ ਹਨ । (ਗੁਰੂ ਆਪਣੇ ਸ਼ਬਦ ਦੀ ਰਾਹੀਂ ਹਿਰਦਾ ਪਵਿਤ੍ਰ ਕਰ

ਕੇ) ਜੀਵ ਨੂੰ ਪਰਮਾਤਮਾ ਮਿਲਾਂਦਾ ਹੈ ।

ਹੇ ਨਾਨਕ! ਅਰਦਾਸ ਕਰ—ਹੇ ਪ੍ਰਭੂ! ਮੈਂ ਤੇਰੀ ਸਰਨ ਹਾਂ (ਮੈਨੂੰ ਆਪਣੇ ਚਰਨਾਂ ਵਿਚ ਜੋੜੀ ਰੱਖ) ।੫।੬।

ਸੋਰਠਿ ਮਹਲਾ ੧ ॥ ਜਿਉ ਮੀਨਾ ਬਿਨੁ ਪਾਣੀਐ ਤਿਉ ਸਾਕਤੁ ਮਰੈ ਪਿਆਸ ॥ ਤਿਉ ਹਰਿ ਬਿਨੁ ਮਰੀਐ ਰੇ ਮਨਾ ਜੋ ਬਿਰਥਾ ਜਾਵੈ ਸਾਸੁ ॥੧॥ ਮਨ ਰੇ ਰਾਮ ਨਾਮ ਜਸੁ ਲੇਇ ॥ ਬਿਨੁ ਗੁਰ ਇਹੁ ਰਸੁ ਕਿਉ ਲਹਉ ਗੁਰੁ ਮੇਲੈ ਹਰਿ ਦੇਇ ॥ ਰਹਾਉ ॥ ਸੰਤ ਜਨਾ ਮਿਲੁ ਸੰਗਤੀ ਗੁਰਮੁਖਿ ਤੀਰਥੁ ਹੋਇ ॥ ਅਠਸਠਿ ਤੀਰਥ ਮਜਨਾ ਗੁਰ ਦਰਸੁ ਪਰਾਪਤਿ ਹੋਇ ॥੨॥ ਜਿਉ ਜੋਗੀ ਜਤ ਬਾਹਰਾ ਤਪੁ ਨਾਹੀ ਸਤੁ ਸੰਤੋਖੁ ॥ ਤਿਉ ਨਾਮੈ ਬਿਨੁ ਦੇਹੁਰੀ ਜਮੁ ਮਾਰੈ ਅੰਤਰਿ ਦੋਖੁ ॥੩॥ ਸਾਕਤ ਪ੍ਰੇਮੁ ਨ ਪਾਈਐ ਹਰਿ ਪਾਈਐ ਸਤਿਗੁਰ ਭਾਇ ॥ ਸੁਖ ਦੁਖ ਦਾਤਾ ਗੁਰੁ ਮਿਲੈ ਕਹੁ ਨਾਨਕ ਸਿਫਤਿ ਸਮਾਇ ॥੪॥੭॥ {ਪੰਨਾ 597}

ਪਦਅਰਥ:- ਮੀਨਾ—ਮੱਛੀ । ਸਾਕਤੁ—ਰੱਬ ਨਾਲੋਂ ਟੁੱਟਾ ਹੋਇਆ ਮਨੁੱਖ, ਮਾਇਆ-ਵੇੜ੍ਹਿਆ ਜੀਵ । ਮਰੈ—ਆਤਮਕ ਮੌਤੇ ਮਰਦਾ ਹੈ । ਪਿਆਸ—ਮਾਇਆ ਦੀ ਤ੍ਰਿਸ਼ਨਾ । ਬਿਰਥਾ—ਖ਼ਾਲੀ ।੧।

ਜਸੁ—ਸੋਭਾ, ਵਡਿਆਈ । ਕਿਉ ਲਹਉ—ਮੈਂ ਕਿਵੇਂ ਲੱਭਾਂ? ਮੈਨੂੰ ਨਹੀਂ ਲੱਭ ਸਕਦਾ । ਦੇਇ—ਦੇਂਦਾ ਹੈ ।ਰਹਾਉ।

ਮਿਲੁ—{ਹੁਕਮੀ ਭਵਿੱਖਤ, ਮੱਧਮ ਪੁਰਖ, ਇਕ-ਵਚਨ} (ਹੇ ਭਾਈ!) ਮਿਲ । ਗੁਰਮੁਖਿ—ਗੁਰੂ ਦੇ ਸਨਮੁਖ ਰਹਿਣਾ । ਅਠਸਠਿ—ਅਠਾਹਠ {ਲਫ਼ਜ਼ 'ਤੀਰਥੁ' ਇਕ-ਵਚਨ ਹੈ, 'ਤੀਰਥ' ਬਹੁ-ਵਚਨ ਹੈ} । ਮਜਨਾ—ਇਸ਼ਨਾਨ । ਗੁਰ ਦਰਸੁ—ਗੁਰੂ ਦਾ ਦਰਸਨ ।੨।

ਜਤ—ਇੰਦ੍ਰਿਆਂ ਨੂੰ ਵੱਸ ਵਿਚ ਰੱਖਣਾ । ਦੇਹੁਰੀ—ਸਰੀਰ । ਜਮੁ—ਮੌਤ, ਮੌਤ ਦਾ ਡਰ । ਦੋਖੁ—ਵਿਕਾਰ ।੩।

ਸਾਕਤ—ਸਾਕਤਾਂ ਪਾਸੋਂ । ਭਾਇ—ਪ੍ਰੇਮ ਵਿਚ । ਸਮਾਇ—ਲੀਨ ਰਹਿੰਦਾ ਹੈ ।੪।

ਅਰਥ:- ਹੇ ਮੇਰੇ ਮਨ! ਪਰਮਾਤਮਾ ਦੇ ਨਾਮ ਦੀ ਸਿਫ਼ਤਿ-ਸਾਲਾਹ ਕਰ । (ਪਰ) ਗੁਰੂ ਦੀ ਸਰਨ ਪੈਣ ਤੋਂ ਬਿਨਾ ਇਹ ਆਨੰਦ ਨਹੀਂ ਮਿਲ ਸਕਦਾ । ਪ੍ਰਭੂ (ਮੇਹਰ ਕਰ ਕੇ) ਜਿਸ ਨੂੰ ਗੁਰੂ ਮਿਲਾਂਦਾ ਹੈ ਉਸ ਨੂੰ (ਇਹ ਰਸ) ਦੇਂਦਾ ਹੈ ।ਰਹਾਉ।

ਜਿਵੇਂ ਪਾਣੀ ਤੋਂ ਬਿਨਾ ਮੱਛੀ (ਤੜਫਦੀ) ਹੈ ਤਿਵੇਂ ਮਾਇਆ-ਵੇੜ੍ਹਿਆ ਜੀਵ ਤ੍ਰਿਸ਼ਨਾ ਦੇ ਅਧੀਨ ਰਹਿ ਕੇ ਦੁਖੀ ਹੁੰਦਾ ਹੈ । ਇਸੇ ਤਰ੍ਹਾਂ, ਹੇ ਮਨ! ਹਰੀ-ਸਿਮਰਨ ਤੋਂ ਬਿਨਾ ਜੇਹੜਾ ਭੀ ਸੁਆਸ ਖ਼ਾਲੀ ਜਾਂਦਾ ਹੈ (ਉਸ ਵਿਚ ਦੁਖੀ ਹੋ ਹੋ ਕੇ) ਆਤਮਕ ਮੌਤੇ ਮਰੀਦਾ ਹੈ ।੧।

(ਹੇ ਮਨ!) ਸੰਤ ਜਨਾਂ ਦੀ ਸੰਗਤਿ ਵਿਚ ਮਿਲ (ਸਤਸੰਗ ਵਿਚ ਰਹਿ ਕੇ) ਗੁਰੂ ਦੇ ਸਨਮੁਖ ਰਹਿਣਾ ਹੀ (ਅਸਲ) ਤੀਰਥ (-ਇਸ਼ਨਾਨ) ਹੈ । ਜਿਸ ਮਨੁੱਖ ਨੂੰ ਗੁਰੂ ਦਾ ਦਰਸਨ ਹੋ ਜਾਂਦਾ ਹੈ ਉਸ ਨੂੰ ਅਠਾਹਠ ਤੀਰਥਾਂ ਦਾ ਇਸ਼ਨਾਨ ਪ੍ਰਾਪਤ ਹੋ ਜਾਂਦਾ ਹੈ ।੨।

ਜਿਸ ਨੇ ਆਪਣੇ ਇੰਦ੍ਰਿਆਂ ਨੂੰ ਵੱਸ ਵਿਚ ਨਹੀਂ ਕੀਤਾ ਉਹ ਜੋਗੀ (ਨਿਸਫਲ ਹੈ), ਜੇ ਅੰਦਰ ਸੰਤੋਖ

ਨਹੀਂ, ਉੱਚਾ ਜੀਵਨ ਨਹੀਂ, ਤਾਂ (ਕੀਤਾ ਹੋਇਆ) ਤਪ ਵਿਅਰਥ ਹੈ । ਇਸੇ ਤਰ੍ਹਾਂ ਜੇ ਪ੍ਰਭੂ ਦਾ ਨਾਮ ਨਹੀਂ ਸਿਮਰਿਆ, ਤਾਂ ਇਹ ਮਨੁੱਖਾ ਸਰੀਰ ਵਿਅਰਥ ਹੈ । ਨਾਮ-ਹੀਣੇ ਮਨੁੱਖ ਦੇ ਅੰਦਰ ਵਿਕਾਰ ਹੀ ਵਿਕਾਰ ਹੈ, ਉਸ ਨੂੰ ਜਮਰਾਜ ਸਜ਼ਾ ਦੇਂਦਾ ਹੈ ।੩।

(ਪ੍ਰਭੂ-ਚਰਨਾਂ ਦਾ) ਪਿਆਰ ਮਾਇਆ-ਵੇੜ੍ਹੇ ਬੰਦਿਆਂ ਤੋਂ ਨਹੀਂ ਮਿਲਦਾ, ਗੁਰੂ ਨਾਲ ਪਿਆਰ ਪਾਇਆਂ ਹੀ ਪਰਮਾਤਮਾ ਮਿਲਦਾ ਹੈ । ਹੇ ਨਾਨਕ! ਆਖ—ਜਿਸ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ, ਉਸਨੂੰ ਸੁਖਾਂ ਦੁੱਖਾਂ ਦਾ ਦੇਣ ਵਾਲਾ ਰੱਬ ਮਿਲ ਪੈਂਦਾ ਹੈ, ਉਹ ਸਦਾ ਪ੍ਰਭੂ ਦੀ ਸਿਫ਼ਤਿ-ਸਾਲਾਹ ਵਿਚ ਲੀਨ ਰਹਿੰਦਾ ਹੈ ।੪।੭।

ਸੋਰਠਿ ਮਹਲਾ ੧ ॥ ਤੂ ਪ੍ਰਭ ਦਾਤਾ ਦਾਨਿ ਮਤਿ ਪੂਰਾ ਹਮ ਥਾਰੇ ਭੇਖਾਰੀ ਜੀਉ ॥ ਮੈ ਕਿਆ ਮਾਗਉ ਕਿਛੁ ਥਿਰੁ ਨ ਰਹਾਈ ਹਰਿ ਦੀਜੈ ਨਾਮੁ ਪਿਆਰੀ ਜੀਉ ॥੧॥ ਘਟਿ ਘਟਿ ਰਵਿ ਰਹਿਆ ਬਨਵਾਰੀ ॥ ਜਲਿ ਥਲਿ ਮਹੀਅਲਿ ਗੁਪਤੋ ਵਰਤੈ ਗੁਰ ਸਬਦੀ ਦੇਖਿ ਨਿਹਾਰੀ ਜੀਉ ॥ ਰਹਾਉ ॥ ਮਰਤ ਪਇਆਲ ਅਕਾਸੁ ਦਿਖਾਇਓ ਗੁਰਿ ਸਤਿਗੁਰਿ ਕਿਰਪਾ ਧਾਰੀ ਜੀਉ ॥ ਸੋ ਬ੍ਰਹਮੁ ਅਜੋਨੀ ਹੈ ਭੀ ਹੋਨੀ ਘਟ ਭੀਤਰਿ ਦੇਖੁ ਮੁਰਾਰੀ ਜੀਉ ॥੨॥ ਜਨਮ ਮਰਨ ਕਉ ਇਹੁ ਜਗੁ ਬਪੁੜੋ ਇਨਿ ਦੂਜੈ ਭਗਤਿ ਵਿਸਾਰੀ ਜੀਉ ॥ ਸਤਿਗੁਰੁ ਮਿਲੈ ਤ ਗੁਰਮਤਿ ਪਾਈਐ ਸਾਕਤ ਬਾਜੀ ਹਾਰੀ ਜੀਉ ॥੩॥ ਸਤਿਗੁਰ ਬੰਧਨ ਤੋੜਿ ਨਿਰਾਰੇ ਬਹੁੜਿ ਨ ਗਰਭ ਮਝਾਰੀ ਜੀਉ ॥ ਨਾਨਕ ਗਿਆਨ ਰਤਨੁ ਪਰਗਾਸਿਆ ਹਰਿ ਮਨਿ ਵਸਿਆ ਨਿਰੰਕਾਰੀ ਜੀਉ ॥੪॥੮॥ {ਪੰਨਾ 597-598}

ਪਦਅਰਥ:- ਪ੍ਰਭ—ਹੇ ਪ੍ਰਭੂ! ਦਾਨਿ—ਦਾਨ (ਦੇਣ) ਵਿਚ । ਮਤਿ ਪੂਰਾ—ਮਤਿ ਦਾ ਪੂਰਾ, ਕਦੇ ਨਾਹ ਖੁੰਝਣ ਵਾਲਾ । ਥਾਰੇ—ਤੇਰੇ । ਭੇਖਾਰੀ—ਮੰਗਤੇ । ਮਾਗਉ—ਮੈਂ ਮੰਗਾਂ । ਥਿਰੁ—ਸਦਾ ਟਿਕੇ ਰਹਿਣ ਵਾਲਾ । ਨ ਰਹਾਈ—ਨ ਰਹੈ, ਨਹੀਂ ਰਹਿੰਦਾ । ਹਰਿ—ਹੇ ਹਰੀ! ਪਿਆਰੀ—ਮੈਂ ਪਿਆਰ ਕਰਾਂ ।੧।

ਰਵਿ ਰਹਿਆ—ਵਿਆਪਕ ਹੋ ਰਿਹਾ ਹੈ । ਬਨਵਾਰੀ—ਪਰਮਾਤਮਾ । ਮਹੀਅਲਿ—ਮਹੀ ਤਲਿ, ਧਰਤੀ ਦੇ ਤਲ ਉੱਤੇ, ਪੁਲਾੜ ਵਿਚ, ਆਕਾਸ਼ ਵਿਚ । ਦੇਖਿ ਨਿਹਾਰੀ—ਦੇਖਿ ਨਿਹਾਰਿ, ਚੰਗੀ ਤਰ੍ਹਾਂ ਵੇਖ ।ਰਹਾਉ।

ਮਰਤ—ਮਾਤ ਲੋਕ, ਇਹ ਧਰਤੀ । ਪਇਆਲ—ਪਾਤਾਲ । ਗੁਰਿ—ਗੁਰੂ ਨੇ । ਸਤਿਗੁਰਿ—ਸਤਿਗੁਰ ਨੇ । ਹੈ ਭੀ—ਹੁਣ ਭੀ ਮੌਜੂਦ ਹੈ । ਹੋਨੀ—ਅਗਾਂਹ ਨੂੰ ਭੀ ਮੌਜੂਦ ਰਹੇਗਾ ।੨।

ਬਪੁੜੋ—ਵਿਚਾਰਾ । ਇਨਿ—ਇਸ (ਜਗਤ) ਨੇ । ਦੂਜੈ—ਦੂਜੇ (ਮੋਹ) ਵਿਚ (ਫਸ ਕੇ) । ਸਾਕਤ—ਸਾਕਤਾਂ ਨੇ, ਮਾਇਆ-ਵੇੜ੍ਹੇ ਬੰਦਿਆਂ ਨੇ ।੩।

ਸਤਿਗੁਰ—ਹੇ ਸਤਿਗੁਰ! ਤੋੜਿ—ਤੋੜ ਕੇ । ਨਿਰਾਰੇ—ਨਿਰਾਲੇ, ਨਿਰਲੇਪ । ਬਹੁੜਿ—ਮੁੜ । ਮਝਾਰੀ—ਵਿਚ । ਨਾਨਕ—ਹੇ ਨਾਨਕ! ਪਰਗਾਸਿਆ—ਚਮਕਿਆ, ਰੌਸ਼ਨ ਹੋਇਆ । ਮਨਿ—ਮਨ ਵਿਚ ।੪।

ਅਰਥ:- ਹੇ ਪ੍ਰਭੂ ਜੀ! ਤੂੰ ਸਾਨੂੰ ਸਭ ਪਦਾਰਥ ਦੇਣ ਵਾਲਾ ਹੈਂ, ਦਾਤਾਂ ਦੇਣ ਵਿਚ ਤੂੰ ਕਦੇ ਖੁੰਝਦਾ

ਨਹੀਂ, ਅਸੀ ਤੇਰੇ (ਦਰ ਦੇ) ਮੰਗਤੇ ਹਾਂ । ਮੈਂ ਤੈਥੋਂ ਕੇਹੜੀ ਸ਼ੈ ਮੰਗਾਂ? ਕੋਈ ਸ਼ੈ ਸਦਾ ਟਿਕੀ ਰਹਿਣ ਵਾਲੀ ਨਹੀਂ । (ਹਾਂ, ਤੇਰਾ ਨਾਮ ਸਦਾ-ਥਿਰ ਰਹਿਣ ਵਾਲਾ ਹੈ) ਹੇ ਹਰੀ! ਮੈਨੂੰ ਆਪਣਾ ਨਾਮ ਦੇਹ, ਮੈਂ ਤੇਰੇ ਨਾਮ ਨੂੰ ਪਿਆਰ ਕਰਾਂ ।੧।

ਪਰਮਾਤਮਾ ਹਰੇਕ ਸਰੀਰ ਵਿਚ ਵਿਆਪਕ ਹੈ । ਪਾਣੀ ਵਿਚ ਧਰਤੀ ਵਿਚ, ਧਰਤੀ ਦੇ ਉਪਰ ਆਕਾਸ਼ ਵਿਚ ਹਰ ਥਾਂ ਮੌਜੂਦ ਹੈ ਪਰ ਲੁਕਿਆ ਹੋਇਆ ਹੈ । (ਹੇ ਮਨ!) ਗੁਰੂ ਦੇ ਸ਼ਬਦ ਦੀ ਰਾਹੀਂ ਉਸ ਨੂੰ ਵੇਖ ।ਰਹਾਉ।

(ਹੇ ਭਾਈ! ਜਿਸ ਮਨੁੱਖ ਉੱਤੇ) ਗੁਰੂ ਨੇ ਸਤਿਗੁਰੂ ਨੇ ਕਿਰਪਾ ਕੀਤੀ ਉਸ ਨੂੰ ਉਸ ਨੇ ਧਰਤੀ ਆਕਾਸ਼ ਪਾਤਾਲ (ਸਾਰਾ ਜਗਤ ਪਰਮਾਤਮਾ ਦੀ ਹੋਂਦ ਨਾਲ ਭਰਪੂਰ) ਵਿਖਾ ਦਿੱਤਾ । ਉਹ ਪਰਮਾਤਮਾ ਜੂਨਾਂ ਵਿਚ ਨਹੀਂ ਆਉਂਦਾ, ਹੁਣ ਭੀ ਮੌਜੂਦ ਹੈ ਅਗਾਂਹ ਨੂੰ ਮੌਜੂਦ ਰਹੇਗਾ, (ਹੇ ਭਾਈ!) ਉਸ ਪ੍ਰਭੂ ਨੂੰ ਤੂੰ ਆਪਣੇ ਹਿਰਦੇ ਵਿਚ (ਵੱਸਦਾ) ਵੇਖ ।੨।

ਇਹ ਭਾਗ-ਹੀਣ ਜਗਤ ਜਨਮ ਮਰਨ ਦਾ ਗੇੜ ਸਹੇੜ ਬੈਠਾ ਹੈ ਕਿਉਂਕਿ ਇਸ ਨੇ ਮਾਇਆ ਦੇ ਮੋਹ ਵਿਚ ਪੈ ਕੇ ਪਰਮਾਤਮਾ ਦੀ ਭਗਤੀ ਭੁਲਾ ਦਿੱਤੀ ਹੈ । ਜੇ ਸਤਿਗੁਰੂ ਮਿਲ ਪਏ ਤਾਂ ਗੁਰੂ ਦੇ ਉਪਦੇਸ਼ ਤੇ ਤੁਰਿਆਂ (ਪ੍ਰਭੂ ਦੀ ਭਗਤੀ) ਪ੍ਰਾਪਤ ਹੁੰਦੀ ਹੈ, ਪਰ ਮਾਇਆ-ਵੇੜ੍ਹੇ ਜੀਵ (ਭਗਤੀ ਤੋਂ ਖੁੰਝ ਕੇ ਮਨੁੱਖਾ ਜਨਮ ਦੀ) ਬਾਜ਼ੀ ਹਾਰ ਜਾਂਦੇ ਹਨ ।੩।

ਹੇ ਸਤਿਗੁਰੂ! ਮਾਇਆ ਦੇ ਬੰਧਨ ਤੋੜ ਕੇ ਜਿਨ੍ਹਾਂ ਬੰਦਿਆਂ ਨੂੰ ਤੂੰ ਮਾਇਆ ਤੋਂ ਨਿਰਲੇਪ ਕਰ ਦੇਂਦਾ ਹੈਂ, ਉਹ ਮੁੜ ਜਨਮ ਮਰਨ ਦੇ ਗੇੜ ਵਿਚ ਨਹੀਂ ਪੈਂਦਾ । ਹੇ ਨਾਨਕ! (ਗੁਰੂ ਦੀ ਕਿਰਪਾ ਨਾਲ ਜਿਨ੍ਹਾਂ ਦੇ ਅੰਦਰ ਪਰਮਾਤਮਾ ਦੇ) ਗਿਆਨ ਦਾ ਰਤਨ ਚਮਕ ਪੈਂਦਾ ਹੈ, ਉਹਨਾਂ ਦੇ ਮਨ ਵਿਚ ਹਰੀ ਨਿਰੰਕਾਰ (ਆਪ) ਆ ਵੱਸਦਾ ਹੈ ।੪।੮।

ਸੋਰਠਿ ਮਹਲਾ ੧ ॥ ਜਿਸੁ ਜਲ ਨਿਧਿ ਕਾਰਣਿ ਤੁਮ ਜਗਿ ਆਏ ਸੋ ਅੰਮ੍ਰਿਤੁ ਗੁਰ ਪਾਹੀ ਜੀਉ ॥ ਛੋਡਹੁ ਵੇਸੁ ਭੇਖ ਚਤੁਰਾਈ ਦੁਬਿਧਾ ਇਹੁ ਫਲੁ ਨਾਹੀ ਜੀਉ ॥੧॥ ਮਨ ਰੇ ਥਿਰੁ ਰਹੁ ਮਤੁ ਕਤ ਜਾਹੀ ਜੀਉ ॥ ਬਾਹਰਿ ਢੂਢਤ ਬਹੁਤੁ ਦੁਖੁ ਪਾਵਹਿ ਘਰਿ ਅੰਮ੍ਰਿਤੁ ਘਟ ਮਾਹੀ ਜੀਉ ॥ ਰਹਾਉ ॥ ਅਵਗੁਣ ਛੋਡਿ ਗੁਣਾ ਕਉ ਧਾਵਹੁ ਕਰਿ ਅਵਗੁਣ ਪਛੁਤਾਹੀ ਜੀਉ ॥ ਸਰ ਅਪਸਰ ਕੀ ਸਾਰ ਨ ਜਾਣਹਿ ਫਿਰਿ ਫਿਰਿ ਕੀਚ ਬੁਡਾਹੀ ਜੀਉ ॥੨॥ ਅੰਤਰਿ ਮੈਲੁ ਲੋਭ ਬਹੁ ਝੂਠੇ ਬਾਹਰਿ ਨਾਵਹੁ ਕਾਹੀ ਜੀਉ ॥ ਨਿਰਮਲ ਨਾਮੁ ਜਪਹੁ ਸਦ ਗੁਰਮੁਖਿ ਅੰਤਰ ਕੀ ਗਤਿ ਤਾਹੀ ਜੀਉ ॥੩॥ ਪਰਹਰਿ ਲੋਭੁ ਨਿੰਦਾ ਕੂੜੁ ਤਿਆਗਹੁ ਸਚੁ ਗੁਰ ਬਚਨੀ ਫਲੁ ਪਾਹੀ ਜੀਉ ॥ ਜਿਉ ਭਾਵੈ ਤਿਉ ਰਾਖਹੁ ਹਰਿ ਜੀਉ ਜਨ ਨਾਨਕ ਸਬਦਿ ਸਲਾਹੀ ਜੀਉ ॥੪॥੯॥ {ਪੰਨਾ 598}

ਪਦਅਰਥ:- ਜਲ ਨਿਧਿ—ਪਾਣੀ ਦਾ ਖ਼ਜ਼ਾਨਾ (ਜਿਵੇਂ ਅੱਗ ਬੁਝਾਣ ਲਈ ਪਾਣੀ ਚਾਹੀਦਾ ਹੈ ਤਿਵੇਂ ਤ੍ਰਿਸ਼ਨਾ ਦੀ ਅੱਗ ਸ਼ਾਂਤ ਕਰਨ ਲਈ ਨਾਮ-ਜਲ ਦੀ ਲੋੜ ਹੈ), ਅੰਮ੍ਰਿਤ ਦਾ ਖ਼ਜ਼ਾਨਾ । ਜਗਿ—ਜਗਤ ਵਿਚ । ਪਾਹੀ—ਪਾਸ । ਵੇਸੁ—ਪਹਿਰਾਵਾ । ਵੇਸੁ ਭੇਖ—ਧਾਰਮਿਕ ਭੇਖ ਦਾ ਪਹਿਰਾਵਾ । ਚਤੁਰਾਈ—ਚਲਾਕੀ । ਦੁਬਿਧਾ—ਦੋ-ਰੁਖ਼ੀ ।੧।

ਕਤ—ਕਿਤੇ ਬਾਹਰ । ਮਤੁ ਜਾਹੀ—ਨਾਹ ਜਾਈਂ । ਘਰਿ—ਘਰ ਵਿਚ । ਘਟ ਮਾਹੀ—ਹਿਰਦੇ ਵਿਚ ।ਰਹਾਉ।

ਧਾਵਹੁ—ਦੌੜੋ, ਜਤਨ ਕਰੋ । ਕਰਿ—ਕਰ ਕੇ । ਸਰ ਅਪਸਰ—ਚੰਗਾ ਅਤੇ ਮੰਦਾ । ਸਾਰ—ਸਮਝ । ਕੀਚ—ਚਿੱਕੜ ਵਿਚ । ਬੁਡਾਹੀ—ਤੂੰ ਡੁੱਬਦਾ ਹੈਂ ।੨।

ਕਾਹੀ—ਕਾਹਦੇ ਵਾਸਤੇ? ਅੰਤਰਿ—ਤੇਰੇ ਅੰਦਰ । ਅੰਤਰ ਕੀ—ਅੰਦਰ ਦੀ {ਲਫ਼ਜ਼ 'ਅੰਤਰਿ' ਅਤੇ 'ਅੰਤਰ' ਦਾ ਫ਼ਰਕ ਚੇਤੇ ਰੱਖਣ-ਜੋਗ ਹੈ} । ਤਾਹੀ—ਤਦੋਂ ਹੀ, ਤਾਂ ਹੀ ।੩।

ਪਰਹਰਿ—ਤਿਆਗ ਕੇ । ਸਚੁ ਫਲੁ—ਸਦਾ ਟਿਕੇ ਰਹਿਣ ਵਾਲਾ ਫਲ । ਪਾਹੀ—ਹਾਸਲ ਕਰੇਂਗਾ । ਸਲਾਹੀ—ਮੈਂ ਸਲਾਹੁੰਦਾ ਰਹਾਂ ।੪।

ਅਰਥ:- ਹੇ ਮੇਰੇ ਮਨ! (ਅੰਦਰ ਹੀ ਪ੍ਰਭੂ-ਚਰਨਾਂ ਵਿਚ) ਟਿਕਿਆ ਰਹੁ, (ਵੇਖੀਂ, ਨਾਮ-ਅੰਮ੍ਰਿਤ ਦੀ ਭਾਲ ਵਿਚ) ਕਿਤੇ ਬਾਹਰ ਨਾਹ ਭਟਕਦਾ ਫਿਰੀਂ । ਜੇ ਤੂੰ ਬਾਹਰ ਢੂੰਢਣ ਤੁਰ ਪਿਆ, ਤਾਂ ਬਹੁਤ ਦੁੱਖ ਪਾਏਂਗਾ । ਅਟੱਲ ਆਤਮਕ ਜੀਵਨ ਦੇਣ ਵਾਲਾ ਰਸ ਤੇਰੇ ਘਰ ਵਿਚ ਹੀ ਹੈ, ਹਿਰਦੇ ਵਿਚ ਹੀ ਹੈ ।ਰਹਾਉ।

(ਹੇ ਭਾਈ!) ਜਿਸ ਅੰਮ੍ਰਿਤ ਦੇ ਖ਼ਜ਼ਾਨੇ ਦੀ ਖ਼ਾਤਰ ਤੁਸੀ ਜਗਤ ਵਿਚ ਆਏ ਹੋ ਉਹ ਅੰਮ੍ਰਿਤ ਗੁਰੂ ਪਾਸੋਂ ਮਿਲਦਾ ਹੈ; ਪਰ ਧਾਰਮਿਕ ਭੇਖ ਦਾ ਪਹਿਰਾਵਾ ਛੱਡੋ, ਮਨ ਦੀ ਚਲਾਕੀ ਭੀ ਛੱਡੋ (ਬਾਹਰੋਂ ਸ਼ਕਲ ਧਰਮੀਆਂ ਵਾਲੀ, ਤੇ ਅੰਦਰ ਦੁਨੀਆ ਨੂੰ ਠੱਗਣ ਦੀ ਚਲਾਕੀ) ਇਸ ਦੋ-ਰੁਖ਼ੀ ਚਾਲ ਵਿਚ ਪਿਆਂ ਇਹ ਅੰਮ੍ਰਿਤ-ਫਲ ਨਹੀਂ ਮਿਲ ਸਕਦਾ ।੧।

(ਹੇ ਭਾਈ!) ਔਗੁਣ ਛੱਡ ਕੇ ਗੁਣ ਹਾਸਲ ਕਰਨ ਦਾ ਜਤਨ ਕਰੋ । ਜੇ ਔਗੁਣ ਹੀ ਕਰਦੇ ਰਹੋਗੇ ਤਾਂ ਪਛੁਤਾਣਾ ਪਏਗਾ । (ਹੇ ਮਨ!) ਤੂੰ ਮੁੜ ਮੁੜ ਮੋਹ ਦੇ ਚਿੱਕੜ ਵਿਚ ਡੁੱਬ ਰਿਹਾ ਹੈਂ, ਤੂੰ ਚੰਗੇ ਮੰਦੇ ਦੀ ਪਰਖ ਕਰਨੀ ਨਹੀਂ ਜਾਣਦਾ ।੨।

(ਹੇ ਭਾਈ!) ਜੇ ਅੰਦਰ (ਮਨ ਵਿਚ) ਲੋਭ ਦੀ ਮੈਲ ਹੈ (ਤੇ ਲੋਭ-ਅਧੀਨ ਹੋ ਕੇ) ਕਈ ਠੱਗੀ ਦੇ ਕੰਮ ਕਰਦੇ ਹੋ, ਤਾਂ ਬਾਹਰ (ਤੀਰਥ ਆਦਿਕਾਂ ਤੇ) ਇਸ਼ਨਾਨ ਕਰਨ ਦਾ ਕੀਹ ਲਾਭ? ਅੰਦਰਲੀ ਉੱਚੀ ਅਵਸਥਾ ਤਦੋਂ ਹੀ ਬਣੇਗੀ, ਜੇ ਗੁਰੂ ਦੇ ਦੱਸੇ ਰਸਤੇ ਉਤੇ ਤੁਰ ਕੇ ਸਦਾ ਪ੍ਰਭੂ ਦਾ ਪਵਿਤ੍ਰ ਨਾਮ ਜਪੋਗੇ ।੩।

(ਹੇ ਮਨ!) ਲੋਭ ਛੱਡ, ਨਿੰਦਿਆ ਤੇ ਝੂਠ ਤਿਆਗ । ਗੁਰੂ ਦੇ ਬਚਨਾਂ ਤੇ ਤੁਰਿਆਂ ਹੀ ਸਦਾ-ਥਿਰ ਰਹਿਣ ਵਾਲਾ ਅੰਮ੍ਰਿਤ-ਫਲ ਮਿਲੇਗਾ ।

ਹੇ ਦਾਸ ਨਾਨਕ! (ਪ੍ਰਭੂ-ਦਰ ਤੇ ਅਰਦਾਸ ਕਰ ਕੇ ਆਖ—) ਹੇ ਹਰੀ! ਜਿਵੇਂ ਤੇਰੀ ਰਜ਼ਾ ਹੈ ਤਿਵੇਂ ਮੈਨੂੰ ਰੱਖ (ਪਰ ਇਹ ਮਿਹਰ ਕਰ ਕਿ ਗੁਰੂ ਦੇ) ਸ਼ਬਦ ਵਿਚ ਜੁੜ ਕੇ ਮੈਂ ਤੇਰੀ ਸਿਫ਼ਤਿ-ਸਾਲਾਹ ਕਰਦਾ ਰਹਾਂ ।੪।੯।

ਸੋਰਠਿ ਮਹਲਾ ੧ ਪੰਚਪਦੇ ॥ ਅਪਨਾ ਘਰੁ ਮੂਸਤ ਰਾਖਿ ਨ ਸਾਕਹਿ ਕੀ ਪਰ ਘਰੁ ਜੋਹਨ ਲਾਗਾ ॥ ਘਰੁ ਦਰੁ ਰਾਖਹਿ ਜੇ ਰਸੁ ਚਾਖਹਿ ਜੋ ਗੁਰਮੁਖਿ ਸੇਵਕੁ ਲਾਗਾ ॥੧॥ ਮਨ ਰੇ ਸਮਝੁ ਕਵਨ ਮਤਿ ਲਾਗਾ ॥ ਨਾਮੁ ਵਿਸਾਰਿ ਅਨ ਰਸ ਲੋਭਾਨੇ ਫਿਰਿ ਪਛੁਤਾਹਿ ਅਭਾਗਾ ॥

ਰਹਾਉ ॥ ਆਵਤ ਕਉ ਹਰਖ ਜਾਤ ਕਉ ਰੋਵਹਿ ਇਹੁ ਦੁਖੁ ਸੁਖੁ ਨਾਲੇ ਲਾਗਾ ॥ ਆਪੇ ਦੁਖ ਸੁਖ ਭੋਗਿ ਭੋਗਾਵੈ ਗੁਰਮੁਖਿ ਸੋ ਅਨਰਾਗਾ ॥੨॥ ਹਰਿ ਰਸ ਊਪਰਿ ਅਵਰੁ ਕਿਆ ਕਹੀਐ ਜਿਨਿ ਪੀਆ ਸੋ ਤ੍ਰਿਪਤਾਗਾ ॥ ਮਾਇਆ ਮੋਹਿਤ ਜਿਨਿ ਇਹੁ ਰਸੁ ਖੋਇਆ ਜਾ ਸਾਕਤ ਦੁਰਮਤਿ ਲਾਗਾ ॥੩॥ ਮਨ ਕਾ ਜੀਉ ਪਵਨਪਤਿ ਦੇਹੀ ਦੇਹੀ ਮਹਿ ਦੇਉ ਸਮਾਗਾ ॥ ਜੇ ਤੂ ਦੇਹਿ ਤ ਹਰਿ ਰਸੁ ਗਾਈ ਮਨੁ ਤ੍ਰਿਪਤੈ ਹਰਿ ਲਿਵ ਲਾਗਾ ॥੪॥ ਸਾਧਸੰਗਤਿ ਮਹਿ ਹਰਿ ਰਸੁ ਪਾਈਐ ਗੁਰਿ ਮਿਲਿਐ ਜਮ ਭਉ ਭਾਗਾ ॥ ਨਾਨਕ ਰਾਮ ਨਾਮੁ ਜਪਿ ਗੁਰਮੁਖਿ ਹਰਿ ਪਾਏ ਮਸਤਕਿ ਭਾਗਾ ॥੫॥੧੦॥ {ਪੰਨਾ 598}

ਪਦਅਰਥ:- ਪੰਚਪਦੇ—ਪੰਜ ਪੰਜ ਬੰਦਾਂ ਵਾਲੇ ਸ਼ਬਦ ।

ਘਰੁ—ਆਤਮਕ ਜੀਵਨ । ਮੁਸਤ—ਚੁਰਾਇਆ ਜਾ ਰਿਹਾ ਹੈ । ਕੀ—ਕਿਉਂ? ਜੋਹਨ ਲਾਗਾ—ਤੱਕ ਰਿਹਾ ਹੈਂ, ਛਿੱਦ੍ਰ ਲੱਭ ਰਿਹਾ ਹੈਂ ।੧।

ਅਨ ਰਸ—ਹੋਰ ਰਸਾਂ ਵਿਚ । ਅਭਾਗਾ—ਭਾਗ-ਹੀਣ ।ਰਹਾਉ।

ਹਰਖ—ਖ਼ੁਸ਼ੀ । ਨਾਲੇ—ਨਾਲ ਹੀ, ਸਦਾ ਨਾਲ । ਭੋਗਿ—ਭੋਗ ਵਿਚ । ਅਨਰਾਗਾ—ਰਾਗ-ਰਹਿਤ, ਨਿਰਮੋਹ ।੨।

ਊਪਰਿ—ਵਧੀਆ । ਜਿਨਿ—ਜਿਸ ਨੇ । ਤ੍ਰਿਪਤਾਗਾ—ਰੱਜ ਗਿਆ । ਖੋਇਆ—ਗਵਾ ਲਿਆ । ਜਾ—ਜਾਇ, ਜਾ ਕੇ । ਸਾਕਤ—ਮਾਇਆ-ਵੇੜ੍ਹੇ ਮਨੁੱਖ ।੩।

ਜੀਉ—ਜਿੰਦ, ਆਸਰਾ । ਪਵਨ—ਪ੍ਰਾਣ । ਦੇਹੀ—ਦੇਹ ਦਾ ਮਾਲਕ । ਦੇਹੀ—ਸਰੀਰ । ਦੇਉ—ਪ੍ਰਕਾਸ਼-ਰੂਪ ਪ੍ਰਭੂ । ਗਾਈ—ਮੈਂ ਗਾਵਾਂ ।੪।

ਗੁਰਿ—ਗੁਰੂ ਦੀ ਰਾਹੀਂ । ਮਿਲਿਐ—ਮਿਲੇ ਦੀ ਰਾਹੀਂ । ਗੁਰਿ ਮਿਲਿਐ—ਜੇ ਗੁਰੂ ਮਿਲ ਪਏ । ਮਸਤਕਿ—ਮੱਥੇ ਉਤੇ ।੫।

ਅਰਥ:- ਹੇ ਮਨ! ਹੋਸ਼ ਕਰ, ਕਿਸ ਭੈੜੀ ਮਤ ਵਿਚ ਲਗ ਪਿਆ ਹੈਂ? ਹੇ ਭਾਗ-ਹੀਣ! ਪਰਮਾਤਮਾ ਦਾ ਨਾਮ ਭੁਲਾ ਕੇ ਹੋਰ ਹੋਰ ਸੁਆਦਾਂ ਵਿਚ ਮਸਤ ਹੋ ਰਿਹਾ ਹੈਂ, (ਵੇਲਾ ਬੀਤ ਜਾਣ ਤੇ) ਫਿਰ ਪਛਤਾਵੇਂਗਾ ।ਰਹਾਉ।

ਹੇ ਮਨ! ਤੇਰਾ ਆਪਣਾ ਆਤਮਕ ਜੀਵਨ ਲੁੱਟਿਆ ਜਾ ਰਿਹਾ ਹੈ ਉਸ ਨੂੰ ਤੂੰ ਬਚਾ ਨਹੀਂ ਸਕਦਾ, ਪਰਾਏ ਐਬ ਕਿਉਂ ਫੋਲਦਾ ਫਿਰਦਾ ਹੈਂ? ਆਪਣਾ ਘਰ ਬਾਰ (ਲੁੱਟੇ ਜਾਣ ਤੋਂ ਤਦੋਂ ਹੀ) ਬਚਾ ਸਕੇਂਗਾ ਜੇ ਤੂੰ ਪ੍ਰਭੂ ਦੇ ਨਾਮ ਦਾ ਸੁਆਦ ਚੱਖੇਂਗਾ (ਨਾਮ-ਰਸ ਉਹੀ) ਸੇਵਕ (ਚੱਖਦਾ ਹੈ) ਜੋ ਗੁਰੂ ਦੇ ਸਨਮੁਖ ਰਹਿ ਕੇ (ਸੇਵਾ ਵਿਚ) ਲੱਗਦਾ ਹੈ ।

ਹੇ ਮਨ! ਤੂੰ ਆਉਂਦੇ ਧਨ ਨੂੰ ਵੇਖ ਕੇ ਖ਼ੁਸ਼ ਹੁੰਦਾ ਹੈਂ, ਜਾਂਦੇ ਨੂੰ ਵੇਖ ਕੇ ਰੋਂਦਾ ਹੈਂ, ਇਹ ਦੁੱਖ ਤੇ ਸੁਖ ਤੇਰੇ ਨਾਲ ਹੀ ਚੰਬੜਿਆ ਚਲਿਆ ਆ ਰਿਹਾ ਹੈ (ਪਰ ਤੇਰੇ ਭੀ ਕੀਹ ਵੱਸ?) ਪ੍ਰਭੂ ਆਪ ਹੀ (ਜੀਵ ਨੂੰ ਉਸ ਦੇ ਕੀਤੇ ਕਰਮਾਂ ਅਨੁਸਾਰ) ਦੁੱਖਾਂ ਤੇ ਸੁਖਾਂ ਦੇ ਭੋਗ ਵਿਚ ਰੁਝਾ ਕੇ (ਦੁੱਖ ਸੁਖ) ਭੋਗਾਂਦਾ ਹੈ । (ਸਿਰਫ਼) ਉਹ ਮਨੁੱਖ ਨਿਰਮੋਹ ਰਹਿੰਦਾ ਹੈ ਜੋ ਗੁਰੂ ਦੇ ਦੱਸੇ ਰਸਤੇ ਉਤੇ ਤੁਰਦਾ ਹੈ ।੨।

(ਹੇ ਮਨ!) ਪਰਮਾਤਮਾ ਦੇ ਨਾਮ ਦੇ ਰਸ ਤੋਂ ਵਧੀਆ ਹੋਰ ਕੋਈ ਰਸ ਕਿਹਾ ਨਹੀਂ ਜਾ ਸਕਦਾ । ਜਿਸ ਮਨੁੱਖ ਨੇ ਇਹ ਰਸ ਪੀਤਾ ਹੈ ਉਹ (ਦੁਨੀਆ ਦੇ ਹੋਰ ਰਸਾਂ ਵਲੋਂ) ਰੱਜ ਜਾਂਦਾ ਹੈ । ਪਰ ਜਿਸ ਮਨੁੱਖ ਨੇ ਮਾਇਆ ਦੇ ਮੋਹ ਵਿਚ ਫਸ ਕੇ ਇਹ (ਨਾਮ-) ਰਸ ਗਵਾ ਲਿਆ ਹੈ ਉਹ ਮਾਇਆ-ਵੇੜ੍ਹੇ ਬੰਦਿਆਂ ਦੀ ਭੈੜੀ ਮਤਿ ਵਿਚ ਜਾ ਲੱਗਦਾ ਹੈ ।੩।

ਜੋ ਪ੍ਰਕਾਸ਼-ਰੂਪ ਪਰਮਾਤਮਾ ਸਾਡੇ ਮਨ ਦਾ ਸਹਾਰਾ ਹੈ, ਪ੍ਰਾਣਾਂ ਦਾ ਮਾਲਕ ਹੈ, ਸਰੀਰ ਦਾ ਮਾਲਕ ਹੈ ਉਹ ਸਾਡੇ ਸਰੀਰ ਵਿਚ ਹੀ ਮੌਜੂਦ ਹੈ (ਪਰ ਸਾਨੂੰ ਇਹ ਸਮਝ ਨਹੀਂ ਪੈਂਦੀ, ਅਸੀ ਬਾਹਰ ਹੀ ਭਟਕਦੇ ਰਹਿੰਦੇ ਹਾਂ) । ਹੇ ਪ੍ਰਭੂ! ਜੇ ਤੂੰ ਆਪ ਮੈਨੂੰ ਆਪਣੇ ਨਾਮ ਦਾ ਰਸ ਬਖ਼ਸ਼ੇ ਤਾਂ ਹੀ ਮੈਂ ਤੇਰੇ ਗੁਣ ਗਾ ਸਕਦਾ ਹਾਂ । ਜਿਸ ਮਨੁੱਖ ਦੀ ਸੁਰਤਿ ਹਰੀ-ਸਿਮਰਨ ਵਿਚ ਜੁੜਦੀ ਹੈ ਉਸ ਦਾ ਮਨ ਮਾਇਆ ਵਲੋਂ ਰੱਜ ਜਾਂਦਾ ਹੈ ।੪।

ਹੇ ਨਾਨਕ! ਸਾਧ ਸੰਗਤਿ ਵਿਚ ਹੀ ਪਰਮਾਤਮਾ ਦੇ ਨਾਮ ਦਾ ਰਸ ਪ੍ਰਾਪਤ ਹੋ ਸਕਦਾ ਹੈ (ਸਾਧ ਸੰਗਤਿ ਵਿਚ) ਜੇ ਗੁਰੂ ਮਿਲ ਪਏ ਤਾਂ ਮੌਤ ਦਾ (ਭੀ) ਡਰ ਦੂਰ ਹੋ ਜਾਂਦਾ ਹੈ । ਜਿਸ ਮਨੁੱਖ ਦੇ ਮੱਥੇ ਉਤੇ ਚੰਗਾ ਲੇਖ ਉੱਘੜ ਪਏ, ਉਹ ਗੁਰੂ ਦੇ ਦੱਸੇ ਰਾਹ ਤੇ ਤੁਰ ਕੇ ਪਰਮਾਤਮਾ ਦਾ ਨਾਮ ਸਿਮਰ ਕੇ ਪਰਮਾਤਮਾ ਨਾਲ ਮਿਲਾਪ ਹਾਸਲ ਕਰ ਲੈਂਦਾ ਹੈ ।੫।੧੦।

ਸੋਰਠਿ ਮਹਲਾ ੧ ॥ ਸਰਬ ਜੀਆ ਸਿਰਿ ਲੇਖੁ ਧੁਰਾਹੂ ਬਿਨੁ ਲੇਖੈ ਨਹੀ ਕੋਈ ਜੀਉ ॥ ਆਪਿ ਅਲੇਖੁ ਕੁਦਰਤਿ ਕਰਿ ਦੇਖੈ ਹੁਕਮਿ ਚਲਾਏ ਸੋਈ ਜੀਉ ॥੧॥ ਮਨ ਰੇ ਰਾਮ ਜਪਹੁ ਸੁਖੁ ਹੋਈ ॥ ਅਹਿਨਿਸਿ ਗੁਰ ਕੇ ਚਰਨ ਸਰੇਵਹੁ ਹਰਿ ਦਾਤਾ ਭੁਗਤਾ ਸੋਈ ॥ ਰਹਾਉ ॥ ਜੋ ਅੰਤਰਿ ਸੋ ਬਾਹਰਿ ਦੇਖਹੁ ਅਵਰੁ ਨ ਦੂਜਾ ਕੋਈ ਜੀਉ ॥ ਗੁਰਮੁਖਿ ਏਕ ਦ੍ਰਿਸਟਿ ਕਰਿ ਦੇਖਹੁ ਘਟਿ ਘਟਿ ਜੋਤਿ ਸਮੋਈ ਜੀਉ ॥੨॥ ਚਲਤੌ ਠਾਕਿ ਰਖਹੁ ਘਰਿ ਅਪਨੈ ਗੁਰ ਮਿਲਿਐ ਇਹ ਮਤਿ ਹੋਈ ਜੀਉ ॥ ਦੇਖਿ ਅਦ੍ਰਿਸਟੁ ਰਹਉ ਬਿਸਮਾਦੀ ਦੁਖੁ ਬਿਸਰੈ ਸੁਖੁ ਹੋਈ ਜੀਉ ॥੩॥ ਪੀਵਹੁ ਅਪਿਉ ਪਰਮ ਸੁਖੁ ਪਾਈਐ ਨਿਜ ਘਰਿ ਵਾਸਾ ਹੋਈ ਜੀਉ ॥ ਜਨਮ ਮਰਣ ਭਵ ਭੰਜਨੁ ਗਾਈਐ ਪੁਨਰਪਿ ਜਨਮੁ ਨ ਹੋਈ ਜੀਉ ॥੪॥ ਤਤੁ ਨਿਰੰਜਨੁ ਜੋਤਿ ਸਬਾਈ ਸੋਹੰ ਭੇਦੁ ਨ ਕੋਈ ਜੀਉ ॥ ਅਪਰੰਪਰ ਪਾਰਬ੍ਰਹਮੁ ਪਰਮੇਸਰੁ ਨਾਨਕ ਗੁਰੁ ਮਿਲਿਆ ਸੋਈ ਜੀਉ ॥੫॥੧੧॥ {ਪੰਨਾ 598-599}

ਪਦਅਰਥ:- ਸਿਰਿ—ਸਿਰ ਉਤੇ । ਧੁਰਾਹੂ—ਧੁਰ ਤੋਂ ਹੀ । ਅਲੇਖੁ—ਜਿਸ ਉਤੇ ਕੀਤੇ ਕਰਮਾਂ ਦੇ ਸੰਸਕਾਰਾਂ ਦਾ ਪ੍ਰਭਾਵ ਨਹੀਂ {ਅ-ਲੇਖੁ} । ਕਰਿ—ਪੈਦਾ ਕਰ ਕੇ, ਬਣਾ ਕੇ । ਦੇਖੈ—ਸੰਭਾਲ ਕਰਦਾ ਹੈ । ਸੋਈ—ਉਹ ਆਪ ਹੀ ।

ਅਹਿ—ਦਿਨ । ਨਿਸਿ—ਰਾਤ । ਸਰੇਵਹੁ—ਸੇਵਾ ਕਰੋ । ਭੁਗਤਾ—ਭੋਗਣ ਵਾਲਾ । ਗੁਰ—ਸਭ ਤੋਂ ਵੱਡਾ ਮਾਲਕ ।ਰਹਾਉ।

ਗੁਰਮੁਖਿ—ਗੁਰੂ ਦੀ ਰਾਹੀਂ, ਗੁਰੂ ਦੇ ਦੱਸੇ ਰਸਤੇ ਤੇ ਤੁਰ ਕੇ । ਏਕ ਦ੍ਰਿਸਟਿ—ਇਕ ਪ੍ਰਭੂ ਨੂੰ ਹੀ ਵੇਖਣ ਵਾਲੀ ਨਜ਼ਰ । ਕਰਿ—ਬਣਾ ਕੇ । ਸਮੋਈ—ਸਮਾਈ, ਮੌਜੂਦ ।੨।

ਚਲਤੌ—ਭਟਕਦੇ (ਮਨ) ਨੂੰ । ਠਾਕਿ—ਰੋਕ ਕੇ । ਘਰਿ—ਘਰ ਵਿਚ । ਮਤਿ—ਅਕਲ । ਰਹਉ—ਮੈਂ ਰਹਿੰਦਾ ਹਾਂ {ਨੋਟ:- ਇਸ ਸ਼ਬਦ ਵਿਚ ਹੇਠ-ਲਿਖੇ ਲਫ਼ਜ਼ ਧਿਆਨ ਨਾਲ ਵੇਖੋ—ਜਪਹੁ, ਸਰੇਵਹੁ, ਦੇਖਹੁ, ਪੀਵਹੁ । ਇਹ ਸਾਰੇ ਲਫ਼ਜ਼ ਹੁਕਮੀ ਭਵਿੱਖਤ, ਮੱਧਮ ਪੁਰਖ, ਬਹੁ-ਵਚਨ ਹਨ । ਪਰ ਲਫ਼ਜ਼ 'ਰਹਉ' ਵਰਤਮਾਨ ਕਾਲ, ਉੱਤਮ ਪੁਰਖ, ਇਕ-ਵਚਨ ਹੈ} । ਬਿਸਮਾਦੀ—ਹੈਰਾਨ, ਵਿਸਮਾਦ ਅਵਸਥਾ ਵਿਚ ।੩।

ਅਪਿਉ—ਅੰਮ੍ਰਿਤ, ਅਟੱਲ ਆਤਮਕ ਜੀਵਨ ਦੇਣ ਵਾਲਾ ਰਸ । ਪਾਈਐ—ਪਾ ਲਈਦਾ ਹੈ । ਨਿਜ ਘਰਿ—ਆਪਣੇ ਘਰ ਵਿਚ । ਜਨਮ ਮਰਨ ਭਵ ਭੰਜਨੁ—ਉਹ ਪ੍ਰਭੂ ਜੋ ਜਨਮ ਮਰਨ ਨਾਸ ਕਰਨ ਵਾਲਾ ਹੈ, ਜੋ ਸੰਸਾਰ-ਚੱਕ੍ਰ ਨਾਸ ਕਰਨ ਵਾਲਾ ਹੈ । ਪੁਨਰਪਿ—{ਪੁਨਹ ਅਪਿ । ਪੁਨਹ—ਮੁੜ । ਅਪਿ—ਭੀ ।} ਮੁੜ ਮੁੜ ।੪।

ਤਤੁ—ਸਾਰੇ ਜਗਤ ਦਾ ਅਸਲਾ । ਨਿਰੰਜਨੁ—ਮਾਇਆ-ਕਾਲਖ ਤੋਂ ਰਹਿਤ । ਸਬਾਈ—ਸਭ ਥਾਂ । ਸੋਹੰ—ਸੋਹੈ, ਸੋਭ ਰਹੀ ਹੈ । ਭੇਦੁ—ਵਿੱਥ । ਅਪਰੰਪਰ—ਪਰੇ ਤੋਂ ਪਰੇ । ਗੁਰੁ ਮਿਲਿਆ—(ਜੋ ਮਨੁੱਖ) ਗੁਰੂ ਨੂੰ ਮਿਲ ਪਿਆ ਹੈ ।੫।

ਅਰਥ:- ਹੇ ਮੇਰੇ ਮਨ! ਸਦਾ ਰਾਮ ਦਾ ਨਾਮ ਜਪੋ, (ਨਾਮ ਜਪਣ ਨਾਲ) ਆਤਮਕ ਸੁਖ ਮਿਲੇਗਾ । ਦਿਨ ਰਾਤ ਉਸ ਸਭ ਤੋਂ ਵੱਡੇ ਮਾਲਕ ਦੇ ਚਰਨਾਂ ਦਾ ਧਿਆਨ ਧਰੋ, ਉਹ ਹਰੀ (ਆਪ ਹੀ ਸਭ ਜੀਵਾਂ ਨੂੰ ਦਾਤਾਂ) ਦੇਣ ਵਾਲਾ ਹੈ, (ਆਪ ਹੀ ਸਭ ਵਿਚ ਵਿਆਪਕ ਹੋ ਕੇ) ਭੋਗਣ ਵਾਲਾ ਹੈ ।ਰਹਾਉ।

ਧੁਰੋਂ (ਪਰਮਾਤਮਾ ਦੀ ਰਜ਼ਾ ਅਨੁਸਾਰ) ਹੀ ਸਭ ਜੀਵਾਂ ਦੇ ਮੱਥੇ ਉਤੇ (ਆਪੋ ਆਪਣੇ ਕੀਤੇ ਕਰਮਾਂ ਦੇ ਸੰਸਕਾਰਾਂ ਦਾ) ਲੇਖ (ਉੱਕਰਿਆ ਪਿਆ) ਹੈ । ਕੋਈ ਜੀਵ ਐਸਾ ਨਹੀਂ ਹੈ ਜਿਸ ਉਤੇ ਇਸ ਲੇਖ ਦਾ ਪ੍ਰਭਾਵ ਨਾਹ ਹੋਵੇ । ਸਿਰਫ਼ ਪਰਮਾਤਮਾ ਆਪ ਇਸ (ਕਰਮ-) ਲੇਖ ਤੋਂ ਸੁਤੰਤ੍ਰ ਹੈ ਜੋ ਇਸ ਕੁਦਰਤਿ ਨੂੰ ਰਚ ਕੇ ਇਸ ਦੀ ਸੰਭਾਲ ਕਰਦਾ ਹੈ, ਤੇ ਆਪਣੇ ਹੁਕਮ ਵਿਚ (ਜਗਤ-ਕਾਰ) ਚਲਾ ਰਿਹਾ ਹੈ ।੧।

ਹੇ ਮੇਰੇ ਮਨ! ਜੇਹੜਾ ਪ੍ਰਭੂ ਤੇਰੇ ਅੰਦਰ ਵੱਸ ਰਿਹਾ ਹੈ ਉਸ ਨੂੰ ਬਾਹਰ (ਸਾਰੀ ਕੁਦਰਤਿ ਵਿਚ) ਵੇਖ, ਉਸ ਤੋਂ ਬਿਨਾ (ਉਸ ਵਰਗਾ) ਹੋਰ ਕੋਈ ਨਹੀਂ ਹੈ । ਗੁਰੂ ਦੇ ਦੱਸੇ ਰਾਹ ਤੇ ਤੁਰ ਕੇ ਉਸ ਇੱਕ ਨੂੰ ਵੇਖਣ ਵਾਲੀ ਨਜ਼ਰ ਬਣਾ (ਫਿਰ ਤੈਨੂੰ ਦਿੱਸ ਪਏਗਾ ਕਿ) ਹਰੇਕ ਸਰੀਰ ਵਿਚ ਪਰਮਾਤਮਾ ਦੀ ਹੀ ਜੋਤਿ ਮੌਜੂਦ ਹੈ ।੨।

(ਹੇ ਭਾਈ!) ਇਸ (ਬਾਹਰ) ਭਟਕਦੇ (ਮਨ) ਨੂੰ ਰੋਕ ਕੇ ਆਪਣੇ ਅੰਦਰ (ਵੱਸਦੇ ਪ੍ਰਭੂ ਵਿਚ) ਹੀ ਟਿਕਾ ਰੱਖ । ਪਰ ਗੁਰੂ ਨੂੰ ਮਿਲਿਆਂ ਹੀ ਇਹ ਅਕਲ ਆਉਂਦੀ ਹੈ । ਮੈਂ ਤਾਂ (ਗੁਰੂ ਦੀ ਕਿਰਪਾ ਨਾਲ) ਉਸ ਅਦ੍ਰਿਸ਼ਟ ਪ੍ਰਭੂ ਨੂੰ (ਸਭ ਵਿਚ ਵੱਸਦਾ) ਵੇਖ ਕੇ ਵਿਸਮਾਦ ਅਵਸਥਾ ਵਿਚ ਅੱਪੜ ਜਾਂਦਾ ਹਾਂ । (ਜੇਹੜਾ ਭੀ ਇਹ ਦੀਦਾਰ ਕਰਦਾ ਹੈ, ਉਸ ਦਾ) ਦੁੱਖ ਮਿਟ ਜਾਂਦਾ ਹੈ ਉਸ ਨੂੰ ਆਤਮਕ ਆਨੰਦ ਮਿਲ ਜਾਂਦਾ ਹੈ ।੩।

(ਹੇ ਭਾਈ!) ਅਟੱਲ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਪੀਉ, (ਇਹ ਨਾਮ-ਰਸ ਪੀਤਿਆਂ) ਸਭ ਤੋਂ ਉੱਚਾ ਆਤਮਕ ਆਨੰਦ ਮਿਲਦਾ ਹੈ, ਅਤੇ ਆਪਣੇ ਘਰ ਵਿਚ ਟਿਕਾਣਾ ਹੋ ਜਾਂਦਾ ਹੈ (ਭਾਵ, ਸੁਖਾਂ ਦੀ ਖ਼ਾਤਰ ਮਨ ਬਾਹਰ ਭਟਕਣੋਂ ਹਟ ਜਾਂਦਾ ਹੈ) । (ਹੇ ਭਾਈ!) ਜਨਮ ਮਰਨ ਦਾ ਚੱਕ੍ਰ ਨਾਸ ਕਰਨ ਵਾਲੇ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ, (ਇਸ ਤਰ੍ਹਾਂ) ਮੁੜ ਮੁੜ ਜਨਮ (ਮਰਨ) ਨਹੀਂ ਹੁੰਦਾ ।੪।

(ਹੇ ਭਾਈ!) ਪਰਮਾਤਮਾ ਸਾਰੇ ਜਗਤ ਦਾ ਅਸਲਾ ਹੈ (ਆਪ) ਮਾਇਆ ਦੇ ਪ੍ਰਭਾਵ ਤੋਂ ਰਹਿਤ ਹੈ, ਪ੍ਰਭੂ ਪਾਰਬ੍ਰਹਮ ਪਰੇ ਤੋਂ ਪਰੇ ਹੈ ਸਭ ਤੋਂ ਵੱਡਾ ਮਾਲਕ ਹੈ । ਹੇ ਨਾਨਕ! ਜੋ ਮਨੁੱਖ ਗੁਰੂ ਨੂੰ ਮਿਲ ਪੈਂਦਾ ਹੈ ਉਸ ਨੂੰ (ਇਹ ਦਿੱਸ ਪੈਂਦਾ ਹੈ ਕਿ) ਉਸ ਪ੍ਰਭੂ ਦੀ ਜੋਤਿ ਹਰ ਥਾਂ ਸੋਭ ਰਹੀ ਹੈ (ਤੇ ਉਸ ਦੀ ਵਿਆਪਕਤਾ ਵਿਚ ਕਿਤੇ) ਕੋਈ ਵਿੱਥ ਵਿਤਕਰਾ ਨਹੀਂ ਹੈ ।੫।੧੧।

ਨੋਟ:- ਇਹ ੧੧ ਸ਼ਬਦ "ਘਰੁ ੧" ਦੇ ਹਨ । ਅਗਾਂਹ ੧ ਸ਼ਬਦ "ਘਰੁ ੩" ਦਾ ਹੈ । ਤਾਹੀਏਂ ਉਸ ਦਾ ਵੱਖਰਾ ਅੰਕ ੧ ਦੇ ਕੇ ਸਾਰਾ ਜੋੜ ੧੨ ਲਿਖਿਆ ਹੈ ।

ਸੋਰਠਿ ਮਹਲਾ ੧ ਘਰੁ ੩ ੧ੴ ਸਤਿਗੁਰ ਪ੍ਰਸਾਦਿ ॥ ਜਾ ਤਿਸੁ ਭਾਵਾ ਤਦ ਹੀ ਗਾਵਾ ॥ ਤਾ ਗਾਵੇ ਕਾ ਫਲੁ ਪਾਵਾ ॥ ਗਾਵੇ ਕਾ ਫਲੁ ਹੋਈ ॥ ਜਾ ਆਪੇ ਦੇਵੈ ਸੋਈ ॥੧॥ ਮਨ ਮੇਰੇ ਗੁਰ ਬਚਨੀ ਨਿਧਿ ਪਾਈ ॥ ਤਾ ਤੇ ਸਚ ਮਹਿ ਰਹਿਆ ਸਮਾਈ ॥ ਰਹਾਉ ॥ ਗੁਰ ਸਾਖੀ ਅੰਤਰਿ ਜਾਗੀ ॥ ਤਾ ਚੰਚਲ ਮਤਿ ਤਿਆਗੀ ॥ ਗੁਰ ਸਾਖੀ ਕਾ ਉਜੀਆਰਾ ॥ ਤਾ ਮਿਟਿਆ ਸਗਲ ਅੰਧ੍ਯਾਰਾ ॥੨॥ ਗੁਰ ਚਰਨੀ ਮਨੁ ਲਾਗਾ ॥ ਤਾ ਜਮ ਕਾ ਮਾਰਗੁ ਭਾਗਾ ॥ ਭੈ ਵਿਚਿ ਨਿਰਭਉ ਪਾਇਆ ॥ ਤਾ ਸਹਜੈ ਕੈ ਘਰਿ ਆਇਆ ॥੩॥ ਭਣਤਿ ਨਾਨਕੁ ਬੂਝੈ ਕੋ ਬੀਚਾਰੀ ॥ ਇਸੁ ਜਗ ਮਹਿ ਕਰਣੀ ਸਾਰੀ ॥ ਕਰਣੀ ਕੀਰਤਿ ਹੋਈ ॥ ਜਾ ਆਪੇ ਮਿਲਿਆ ਸੋਈ ॥੪॥੧॥੧੨॥ {ਪੰਨਾ 599-600}

ਨੋਟ:- ਵੇਖੋ ਇਸੇ ਰਾਗ ਵਿਚ ਨਾਮਦੇਵ ਜੀ ਦਾ ਸ਼ਬਦ "ਜਬ ਦੇਖਾ ਤਬ ਗਾਵਾ" । ਦੋਹਾਂ ਸ਼ਬਦਾਂ ਵਿਚ ਬਹੁਤ ਹੀ ਨੇੜੇ ਦੀ ਸਾਂਝ ਹੈ । ਗੁਰੂ ਨਾਨਕ ਦੇਵ ਜੀ ਦੇ ਪਾਸ ਭਗਤ ਨਾਮਦੇਵ ਜੀ ਦੀ ਬਾਣੀ ਮੌਜੂਦ ਸੀ ।

ਪਦਅਰਥ:- ਜਾ—ਜਦੋਂ । ਤਿਸੁ—ਉਸ (ਪ੍ਰਭੂ) ਨੂੰ । ਭਾਵਾ—ਭਾਵਾਂ, ਮੈਂ ਚੰਗਾ ਲੱਗਾਂ । ਗਾਵਾ—ਮੈਂ ਗਾ ਸਕਦਾ ਹਾਂ, ਸਿਫ਼ਤਿ-ਸਾਲਾਹ ਕਰ ਸਕਦਾ ਹਾਂ । ਤਾ—ਤਦੋਂ । ਗਾਵੇ ਕਾ—ਸਿਫ਼ਤਿ-ਸਾਲਾਹ ਦਾ । ਪਾਵਾ—ਮੈਂ ਪਾ ਸਕਦਾ ਹਾਂ । ਸੋਈ—ਉਹ ਪ੍ਰਭੂ ਹੀ ।੧।

ਮਨ—ਹੇ ਮਨ! ਬਚਨੀ—ਬਚਨਾਂ ਦੀ ਰਾਹੀਂ । ਨਿਧਿ—ਖ਼ਜ਼ਾਨਾ, ਸਿਫ਼ਤਿ-ਸਾਲਾਹ ਦਾ ਖ਼ਜ਼ਾਨਾ । ਪਾਈ—(ਜਿਸ ਨੇ) ਪਾ ਲਿਆ । ਤਾ ਤੇ—ਉਸ (ਖ਼ਜ਼ਾਨੇ) ਤੋਂ, ਸਿਫ਼ਤਿ ਸਾਲਾਹ ਦੇ ਉਸ ਖ਼ਜ਼ਾਨੇ ਦੀ ਬਰਕਤਿ ਨਾਲ । ਸਚ—ਸਦਾ-ਥਿਰ ਰਹਿਣ ਵਾਲਾ ਪਰਮਾਤਮਾ ।ਰਹਾਉ।

ਸਾਖੀ—ਸਿੱਖਿਆ । ਜਾਗੀ—ਜਗ ਪਈ, ਜੋਤਿ ਜਗ ਪਈ । ਤਾ—ਤਦੋਂ । ਚੰਚਲ—ਇੱਕ ਥਾਂ ਨਾਹ ਟਿਕਣ ਵਾਲੀ, ਭਟਕਣਾ ਵਿਚ ਪਾਈ ਰੱਖਣ ਵਾਲੀ । ਉਜੀਆਰਾ—ਚਾਨਣ (ਆਤਮਕ) । ਅੰਧ੍ਯਾਰਾ—(ਅਗਿਆਨਤਾ ਦਾ) ਹਨੇਰਾ ।੨।

ਮਾਰਗੁ—ਰਸਤਾ । ਜਮ ਕਾ ਮਾਰਗੁ—ਉਹ ਜੀਵਨ-ਰਸਤਾ ਜੋ ਆਤਮਕ ਮੌਤ ਵਲ ਲੈ ਜਾਂਦਾ ਹੈ । ਸਹਜ—ਅਡੋਲ ਆਤਮਕ ਅਵਸਥਾ, ਸ਼ਾਂਤੀ ।੩।

ਭਣਤਿ—ਆਖਦਾ ਹੈ । ਕੋ ਬੀਚਾਰੀ—ਕੋਈ ਵਿਚਾਰਵਾਨ ਹੀ । ਕਰਣੀ—{krxIX} ਕਰਨ-ਜੋਗ ਕੰਮ । ਸਾਰੀ—ਸ੍ਰੇਸ਼ਟ । ਕੀਰਤਿ—ਸਿਫ਼ਤਿ-ਸਾਲਾਹ । ਆਪੇ—(ਪ੍ਰਭੂ) ਆਪ ਹੀ ।੪।

ਅਰਥ:- ਹੇ ਮੇਰੇ ਮਨ! ਜਿਸ ਮਨੁਖ ਨੇ ਗੁਰੂ ਦੇ ਬਚਨਾਂ ਤੇ ਤੁਰ ਕੇ (ਸਿਫ਼ਤਿ-ਸਾਲਾਹ ਦਾ) ਖ਼ਜ਼ਾਨਾ ਲੱਭ ਲਿਆ, ਉਹ ਉਸ (ਖ਼ਜ਼ਾਨੇ) ਦੀ ਬਰਕਤਿ ਨਾਲ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ (ਦੀ ਯਾਦ) ਵਿਚ ਸਦਾ ਟਿਕਿਆ ਰਹਿੰਦਾ ਹੈ ।ਰਹਾਉ।

(ਹੇ ਮੇਰੇ ਮਨ!) ਜਦੋਂ ਮੈਂ ਉਸ ਪ੍ਰਭੂ ਨੂੰ ਚੰਗਾ ਲੱਗਦਾ ਹਾਂ (ਭਾਵ, ਜਦੋਂ ਉਹ ਮੇਰੇ ਉਤੇ ਖ਼ੁਸ਼ ਹੁੰਦਾ ਹੈ) ਤਦੋਂ ਹੀ ਮੈਂ ਉਸ ਦੀ ਸਿਫ਼ਤਿ-ਸਾਲਾਹ ਕਰ ਸਕਦਾ ਹਾਂ, ਤਦੋਂ ਹੀ (ਭਾਵ, ਉਸ ਦੀ ਮੇਹਰ ਨਾਲ ਹੀ) ਮੈਂ ਸਿਫ਼ਤਿ-ਸਾਲਾਹ ਕਰਨ ਦਾ ਫਲ ਪ੍ਰਾਪਤ ਕਰ ਸਕਦਾ ਹਾਂ । ਸਿਫ਼ਤਿ-ਸਾਲਾਹ ਕਰਨ ਦਾ ਜੋ ਫਲ ਹੈ (ਕਿ ਸਦਾ ਉਸ ਦੇ ਚਰਨਾਂ ਵਿਚ ਲੀਨ ਰਹਿ ਸਕੀਦਾ ਹੈ, ਇਹ ਭੀ ਤਦੋਂ ਹੀ ਮਿਲਦਾ ਹੈ) ਜਦੋਂ ਉਹ ਪ੍ਰਭੂ ਆਪ ਹੀ ਦੇਂਦਾ ਹੈ ।੧।

ਜਦੋਂ ਜਿਸ ਮਨੁੱਖ ਦੇ ਅੰਦਰ ਸਤਿਗੁਰੂ ਦੀ (ਸਿਫ਼ਤਿ-ਸਾਲਾਹ ਕਰਨ ਦੀ ਸਿੱਖਿਆ ਦੀ) ਜੋਤਿ ਜਗ ਪੈਂਦੀ ਹੈ ਤਦੋਂ ਉਹ ਮਨੁੱਖ ਉਹ ਮਤਿ ਛੱਡ ਦੇਂਦਾ ਹੈ ਜੋ ਮਾਇਆ ਪਿਛੇ ਭਟਕਣ ਵਲ ਪਾਈ ਰੱਖਦੀ ਹੈ । ਜਦੋਂ (ਮਨੁੱਖ ਦੇ ਅੰਦਰ) ਗੁਰੂ ਦੇ ਉਪਦੇਸ਼ ਦਾ (ਆਤਮਕ) ਚਾਨਣ ਹੁੰਦਾ ਹੈ, ਤਦੋਂ ਉਸ ਦੇ ਅੰਦਰੋਂ (ਅਗਿਆਨਤਾ ਵਾਲਾ) ਸਾਰਾ ਹਨੇਰਾ ਦੂਰ ਹੋ ਜਾਂਦਾ ਹੈ ।੨।

ਜਦੋਂ ਜਿਸ ਮਨੁੱਖ ਦਾ ਮਨ ਗੁਰੂ ਦੇ ਚਰਨਾਂ ਵਿਚ ਜੁੜਦਾ ਹੈ, ਤਦੋਂ ਉਸ ਮਨੁੱਖ ਦਾ ਉਹ ਜੀਵਨ-ਰਸਤਾ ਖ਼ਤਮ ਹੋ ਜਾਂਦਾ ਹੈ ਜਿਸ ਤੇ ਤੁਰਿਆਂ ਆਤਮਕ ਮੌਤ ਹੋ ਰਹੀ ਸੀ । ਪਰਮਾਤਮਾ ਦੇ ਡਰ-ਅਦਬ ਵਿਚ ਰਹਿ ਕੇ ਜਦੋਂ ਮਨੁੱਖ ਨਿਰਭਉ ਪ੍ਰਭੂ ਨਾਲ ਮਿਲਾਪ ਹਾਸਲ ਕਰਦਾ ਹੈ, ਤਦੋਂ ਉਹ ਅਡੋਲ ਆਤਮਕ ਅਵਸਥਾ ਦੇ ਘਰ ਵਿਚ ਟਿਕ ਜਾਂਦਾ ਹੈ ।੩।

ਪਰ, ਨਾਨਕ ਆਖਦਾ ਹੈ—ਕੋਈ ਵਿਰਲਾ ਵਿਚਾਰਵਾਨ ਹੀ ਸਮਝਦਾ ਹੈ ਕਿ ਇਸ ਜ਼ਿੰਦਗੀ ਵਿਚ (ਪਰਮਾਤਮਾ ਦੀ ਸਿਫ਼ਤਿ ਹੀ) ਸ੍ਰੇਸ਼ਟ ਕਰਨ-ਜੋਗ ਕੰਮ ਹੈ । ਜਦੋਂ ਪ੍ਰਭੂ ਆਪ (ਮੇਹਰ ਕਰ ਕੇ ਜੀਵ ਦੇ ਹਿਰਦੇ ਵਿਚ) ਪਰਗਟ ਹੁੰਦਾ ਹੈ ਤਦੋਂ ਉਸ ਨੂੰ ਸਿਫ਼ਤਿ-ਸਾਲਾਹ ਦੀ (ਸ੍ਰੇਸ਼ਟ) ਕਾਰ ਮਿਲ ਜਾਂਦੀ ਹੈ ।੪।੧।੧੨।

ਸੋਰਠਿ ਮਹਲਾ ੩ ਘਰੁ ੧ ੴ ਸਤਿਗੁਰ ਪ੍ਰਸਾਦਿ ॥ ਸੇਵਕ ਸੇਵ ਕਰਹਿ ਸਭਿ ਤੇਰੀ ਜਿਨ ਸਬਦੈ ਸਾਦੁ ਆਇਆ ॥ ਗੁਰ ਕਿਰਪਾ ਤੇ ਨਿਰਮਲੁ ਹੋਆ ਜਿਨਿ ਵਿਚਹੁ ਆਪੁ ਗਵਾਇਆ ॥ ਅਨਦਿਨੁ ਗੁਣ ਗਾਵਹਿ ਨਿਤ ਸਾਚੇ ਗੁਰ ਕੈ ਸਬਦਿ ਸੁਹਾਇਆ ॥੧॥ ਮੇਰੇ ਠਾਕੁਰ ਹਮ ਬਾਰਿਕ ਸਰਣਿ ਤੁਮਾਰੀ ॥ ਏਕੋ ਸਚਾ ਸਚੁ ਤੂ ਕੇਵਲੁ ਆਪਿ ਮੁਰਾਰੀ ॥ ਰਹਾਉ ॥ ਜਾਗਤ ਰਹੇ ਤਿਨੀ ਪ੍ਰਭੁ ਪਾਇਆ ਸਬਦੇ ਹਉਮੈ ਮਾਰੀ ॥ ਗਿਰਹੀ ਮਹਿ ਸਦਾ ਹਰਿ ਜਨ ਉਦਾਸੀ ਗਿਆਨ ਤਤ ਬੀਚਾਰੀ ॥ ਸਤਿਗੁਰੁ ਸੇਵਿ ਸਦਾ ਸੁਖੁ ਪਾਇਆ ਹਰਿ ਰਾਖਿਆ ਉਰ ਧਾਰੀ ॥੨॥ ਇਹੁ ਮਨੂਆ ਦਹ ਦਿਸਿ ਧਾਵਦਾ ਦੂਜੈ ਭਾਇ ਖੁਆਇਆ ॥ ਮਨਮੁਖ ਮੁਗਧੁ ਹਰਿ ਨਾਮੁ ਨ ਚੇਤੈ ਬਿਰਥਾ ਜਨਮੁ ਗਵਾਇਆ ॥ ਸਤਿਗੁਰੁ ਭੇਟੇ ਤਾ ਨਾਉ ਪਾਏ ਹਉਮੈ ਮੋਹੁ ਚੁਕਾਇਆ ॥੩॥ ਹਰਿ ਜਨ ਸਾਚੇ ਸਾਚੁ ਕਮਾਵਹਿ ਗੁਰ ਕੈ ਸਬਦਿ ਵੀਚਾਰੀ ॥ ਆਪੇ ਮੇਲਿ ਲਏ ਪ੍ਰਭਿ ਸਾਚੈ ਸਾਚੁ ਰਖਿਆ ਉਰ ਧਾਰੀ ॥ ਨਾਨਕ ਨਾਵਹੁ ਗਤਿ ਮਤਿ ਪਾਈ ਏਹਾ ਰਾਸਿ ਹਮਾਰੀ ॥੪॥੧॥ {ਪੰਨਾ 599-600}

ਪਦਅਰਥ:- ਸਭਿ—ਸਾਰੇ । ਸਬਦੈ—ਗੁਰੂ ਦੇ ਸ਼ਬਦ ਦਾ । ਸਾਦੁ—ਸੁਆਦ, ਰਸ । ਤੇ—ਤੋਂ, ਨਾਲ । ਜਿਨਿ—ਜਿਸ (ਮਨੁੱਖ) ਨੇ {ਲਫ਼ਜ਼ 'ਜਿਨ' ਬਹੁ-ਵਚਨ ਹੈ, 'ਜਿਨਿ' ਇਕ-ਵਚਨ ਹੈ} । ਆਪੁ—ਆਪਾ-ਭਾਵ । ਅਨਦਿਨੁ—ਹਰ ਰੋਜ਼ । ਗਾਵਹਿ—ਗਾਂਦੇ ਹਨ । ਸਾਚੇ—ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ । ਸਬਦਿ—ਸ਼ਬਦ ਦੀ ਰਾਹੀਂ । ਸੁਹਾਇਆ—ਸੋਹਣੇ ਜੀਵਨ ਵਾਲੇ ਹੋ ਜਾਂਦੇ ਹਨ ।੧।

ਠਾਕੁਰ—ਹੇ ਮਾਲਕ! ਸਚਾ—ਸਦਾ-ਥਿਰ ਰਹਿਣ ਵਾਲਾ ।ਰਹਾਉ।

ਜਾਗਤ—(ਵਿਕਾਰਾਂ ਵਲੋਂ) ਸੁਚੇਤ । ਗਿਰਹੀ ਮਹਿ—ਗ੍ਰਿਹ ਵਿਚ ਹੀ, ਗ੍ਰਿਹਸਤ ਵਿਚ ਹੀ । ਉਰ—ਹਿਰਦਾ ।੨।

ਮਨੂਆ—ਅੱਲ੍ਹੜ ਮਨ । ਦਹ ਦਿਸਿ—ਦਸੀਂ ਪਾਸੀਂ । ਦੂਜੈ ਭਾਇ—ਮਾਇਆ ਦੇ ਮੋਹ ਵਿਚ । ਖੁਆਇਆ—ਰਾਹੋਂ ਖੁੰਝ ਜਾਂਦਾ ਹੈ । ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ । ਮੁਗਧੁ—ਮੂਰਖ । ਭੇਟੇ—ਮਿਲ ਪਏ ।੩।

ਵੀਚਾਰੀ—ਵਿਚਾਰਵਾਨ (ਹੋ ਕੇ) । ਪ੍ਰਭਿ—ਪ੍ਰਭੂ ਨੇ । ਸਾਚੈ—ਸਦਾ-ਥਿਰ ਰਹਿਣ ਵਾਲੇ ਨੇ । ਨਾਵਹੁ—ਨਾਮ ਤੋਂ ਹੀ । ਗਤਿ—ਉੱਚੀ ਆਤਮਕ ਅਵਸਥਾ । ਏਹਾ—ਇਹ (ਨਾਮ) ਹੀ । ਰਾਸਿ—ਪੂੰਜੀ, ਸਰਮਾਇਆ ।੪।

ਅਰਥ:- ਹੇ ਮੇਰੇ ਮਾਲਕ-ਪ੍ਰਭੂ! ਅਸੀ (ਜੀਵ) ਤੇਰੇ ਬੱਚੇ ਹਾਂ, ਤੇਰੀ ਸਰਨ ਆਏ ਹਾਂ । ਸਿਰਫ਼ ਇਕ ਤੂੰ ਹੀ ਸਦਾ ਕਾਇਮ ਰਹਿਣ ਵਾਲਾ ਹੈਂ, (ਜੀਵ ਮਾਇਆ ਵਿਚ ਡੋਲ ਜਾਂਦੇ ਹਨ) ।ਰਹਾਉ।

ਹੇ ਪ੍ਰਭੂ! ਤੇਰੇ ਜਿਨ੍ਹਾਂ ਸੇਵਕਾਂ ਨੂੰ ਗੁਰੂ ਦੇ ਸ਼ਬਦ ਦਾ ਰਸ ਆ ਜਾਂਦਾ ਹੈ, ਉਹੀ ਸਾਰੇ ਤੇਰੀ ਸੇਵਾ-ਭਗਤੀ ਕਰਦੇ ਹਨ । (ਹੇ ਭਾਈ!) ਜਿਸ ਮਨੁੱਖ ਨੇ ਗੁਰੂ ਦੀ ਕਿਰਪਾ ਨਾਲ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਲਿਆ ਉਹ ਪਵਿਤ੍ਰ (ਜੀਵਨ ਵਾਲਾ) ਹੋ ਜਾਂਦਾ ਹੈ । ਜੇਹੜੇ ਮਨੁੱਖ ਗੁਰੂ ਦੇ ਸ਼ਬਦ ਵਿਚ (ਜੁੜ ਕੇ) ਹਰ ਵੇਲੇ ਸਦਾ-ਥਿਰ ਪ੍ਰਭੂ ਦੇ ਗੁਣ ਗਾਂਦੇ ਰਹਿੰਦੇ ਹਨ, ਉਹ ਸੋਹਣੇ ਜੀਵਨ ਵਾਲੇ ਬਣ ਜਾਂਦੇ ਹਨ ।੧।

ਹੇ ਭਾਈ! ਜੇਹੜੇ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ ਅੰਦਰੋਂ) ਹਉਮੈ ਮੁਕਾ ਲੈਂਦੇ ਹਨ, ਉਹ (ਮਾਇਆ ਦੇ ਮੋਹ ਆਦਿਕ ਵਲੋਂ) ਸੁਚੇਤ ਰਹਿੰਦੇ ਹਨ, ਉਹਨਾਂ ਨੇ ਹੀ ਪਰਮਾਤਮਾ ਦਾ ਮਿਲਾਪ ਪ੍ਰਾਪਤ ਕੀਤਾ ਹੈ । ਪਰਮਾਤਮਾ ਦੇ ਭਗਤ ਗੁਰੂ ਦੇ ਬਖ਼ਸ਼ੇ ਅਸਲ ਗਿਆਨ ਦੀ ਰਾਹੀਂ ਵਿਚਾਰਵਾਨ ਹੋ ਕੇ ਗ੍ਰਿਹਸਤ ਵਿਚ ਰਹਿੰਦੇ ਹੋਏ ਹੀ ਮਾਇਆ ਵਲੋਂ ਵਿਰਕਤ ਰਹਿੰਦੇ ਹਨ । ਉਹ ਭਗਤ ਗੁਰੂ ਦੀ ਦੱਸੀ ਸੇਵਾ ਕਰ ਕੇ ਸਦਾ ਆਤਮਕ ਆਨੰਦ ਮਾਣਦੇ ਹਨ, ਤੇ, ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦੇ ਹਨ ।੨।

ਹੇ ਭਾਈ! ਇਹ ਅੱਲ੍ਹੜ ਮਨ ਮਾਇਆ ਦੇ ਮੋਹ ਵਿਚ ਫਸ ਕੇ ਦਸੀਂ ਪਾਸੀਂ ਦੌੜਦਾ ਰਹਿੰਦਾ ਹੈ, ਤੇ, (ਜੀਵਨ ਦੇ ਸਹੀ ਰਸਤੇ ਤੋਂ) ਖੁੰਝਿਆ ਰਹਿੰਦਾ ਹੈ । ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮੂਰਖ ਮਨੁੱਖ ਪਰਮਾਤਮਾ ਦਾ ਨਾਮ ਚੇਤੇ ਨਹੀਂ ਕਰਦਾ, ਆਪਣਾ ਜੀਵਨ ਵਿਅਰਥ ਗਵਾ ਜਾਂਦਾ ਹੈ । ਪਰ ਜਦੋਂ ਉਸ ਨੂੰ ਗੁਰੂ ਮਿਲ ਪੈਂਦਾ ਹੈ ਤਦੋਂ ਉਹ ਹਰਿ-ਨਾਮ ਦੀ ਦਾਤਿ ਹਾਸਲ ਕਰਦਾ ਹੈ, ਤੇ, ਆਪਣੇ ਅੰਦਰੋਂ ਮਾਇਆ ਦਾ ਮੋਹ ਅਤੇ ਹਉਮੈ ਦੂਰ ਕਰ ਲੈਂਦਾ ਹੈ ।੩।

ਹੇ ਭਾਈ! ਗੁਰੂ ਦੇ ਸ਼ਬਦ ਦੀ ਰਾਹੀਂ ਵਿਚਾਰਵਾਨ ਹੋ ਕੇ ਪਰਮਾਤਮਾ ਦੇ ਦਾਸ ਸਦਾ-ਥਿਰ ਪ੍ਰਭੂ ਦਾ ਸਦਾ-ਥਿਰ ਨਾਮ ਸਿਮਰਨ ਦੀ ਕਮਾਈ ਕਰਦੇ ਰਹਿੰਦੇ ਹਨ । ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨੇ

ਆਪ ਹੀ ਉਹਨਾਂ ਨੂੰ ਆਪਣੇ ਚਰਨਾਂ ਵਿਚ ਮਿਲਾ ਰੱਖਿਆ ਹੁੰਦਾ ਹੈ । ਉਹ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦੇ ਹਨ ।

ਹੇ ਨਾਨਕ! (ਆਖ—) ਪਰਮਾਤਮਾ ਦੇ ਨਾਮ ਤੋਂ ਹੀ ਉੱਚੀ ਆਤਮਕ ਅਵਸਥਾ ਤੇ (ਚੰਗੀ) ਅਕਲ ਪ੍ਰਾਪਤ ਹੁੰਦੀ ਹੈ । ਪਰਮਾਤਮਾ ਦਾ ਨਾਮ ਹੀ ਸਾਡਾ (ਜੀਵਾਂ) ਦਾ ਸਰਮਾਇਆ ਹੈ ।੪।੧।

ਸੋਰਠਿ ਮਹਲਾ ੩ ॥ ਭਗਤਿ ਖਜਾਨਾ ਭਗਤਨ ਕਉ ਦੀਆ ਨਾਉ ਹਰਿ ਧਨੁ ਸਚੁ ਸੋਇ ॥ ਅਖੁਟੁ ਨਾਮ ਧਨੁ ਕਦੇ ਨਿਖੁਟੈ ਨਾਹੀ ਕਿਨੈ ਨ ਕੀਮਤਿ ਹੋਇ ॥ ਨਾਮ ਧਨਿ ਮੁਖ ਉਜਲੇ ਹੋਏ ਹਰਿ ਪਾਇਆ ਸਚੁ ਸੋਇ ॥੧॥ ਮਨ ਮੇਰੇ ਗੁਰ ਸਬਦੀ ਹਰਿ ਪਾਇਆ ਜਾਇ ॥ ਬਿਨੁ ਸਬਦੈ ਜਗੁ ਭੁਲਦਾ ਫਿਰਦਾ ਦਰਗਹ ਮਿਲੈ ਸਜਾਇ ॥ ਰਹਾਉ ॥ ਇਸੁ ਦੇਹੀ ਅੰਦਰਿ ਪੰਚ ਚੋਰ ਵਸਹਿ ਕਾਮੁ ਕ੍ਰੋਧੁ ਲੋਭੁ ਮੋਹੁ ਅਹੰਕਾਰਾ ॥ ਅੰਮ੍ਰਿਤੁ ਲੂਟਹਿ ਮਨਮੁਖ ਨਹੀ ਬੂਝਹਿ ਕੋਇ ਨ ਸੁਣੈ ਪੂਕਾਰਾ ॥ ਅੰਧਾ ਜਗਤੁ ਅੰਧੁ ਵਰਤਾਰਾ ਬਾਝੁ ਗੁਰੂ ਗੁਬਾਰਾ ॥੨॥ ਹਉਮੈ ਮੇਰਾ ਕਰਿ ਕਰਿ ਵਿਗੁਤੇ ਕਿਹੁ ਚਲੈ ਨ ਚਲਦਿਆ ਨਾਲਿ ॥ ਗੁਰਮੁਖਿ ਹੋਵੈ ਸੁ ਨਾਮੁ ਧਿਆਵੈ ਸਦਾ ਹਰਿ ਨਾਮੁ ਸਮਾਲਿ ॥ ਸਚੀ ਬਾਣੀ ਹਰਿ ਗੁਣ ਗਾਵੈ ਨਦਰੀ ਨਦਰਿ ਨਿਹਾਲਿ ॥੩॥ ਸਤਿਗੁਰ ਗਿਆਨੁ ਸਦਾ ਘਟਿ ਚਾਨਣੁ ਅਮਰੁ ਸਿਰਿ ਬਾਦਿਸਾਹਾ ॥ ਅਨਦਿਨੁ ਭਗਤਿ ਕਰਹਿ ਦਿਨੁ ਰਾਤੀ ਰਾਮ ਨਾਮੁ ਸਚੁ ਲਾਹਾ ॥ ਨਾਨਕ ਰਾਮ ਨਾਮਿ ਨਿਸਤਾਰਾ ਸਬਦਿ ਰਤੇ ਹਰਿ ਪਾਹਾ ॥੪॥੨॥

ਪਦਅਰਥ:- ਕਉ—ਨੂੰ । ਸਚੁ—ਸਦਾ ਕਾਇਮ ਰਹਿਣ ਵਾਲਾ । ਅਖੁਟੁ—ਨਾਹ ਮੁੱਕਣ ਵਾਲਾ । ਕਿਨੈ—ਕਿਸੇ ਪਾਸੋਂ ਭੀ । ਧਨਿ—ਧਨ ਨਾਲ ।੧।

ਸਬਦੀ—ਸ਼ਬਦ ਦੀ ਰਾਹੀਂ । ਸਜਾਇ—ਦੰਡ ।ਰਹਾਉ।

ਦੇਹੀ—ਸਰੀਰ । ਵਸਹਿ—ਵੱਸਦੇ ਹਨ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ ਧਨ । ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ । ਅੰਧਾ—(ਮਾਇਆ ਦੇ ਮੋਹ ਵਿਚ) ਅੰਨ੍ਹਾ । ਗੁਬਾਰਾ—ਹਨੇਰਾ ।੨।

ਵਿਗੁਤੇ—ਖ਼ੁਆਰ ਹੁੰਦੇ ਹਨ । ਕਿਹੁ—ਕੁਝ ਭੀ । ਸਮਾਲਿ—ਸਾਂਭ ਕੇ । ਗੁਰਮੁਖਿ—ਗੁਰੂ ਦੇ ਸਨਮੁਖ । ਨਿਹਾਲਿ—ਪ੍ਰਸੰਨ, ਸੁਖੀ ।੪।

ਗਿਆਨੁ—ਆਤਮਕ ਜੀਵਨ ਦੀ ਸੂਝ । ਘਟਿ—ਹਿਰਦੇ ਵਿਚ । ਅਮਰੁ—ਹੁਕਮ । ਸਿਰਿ—ਸਿਰ ਉਤੇ । ਅਨਦਿਨੁ—ਹਰ ਰੋਜ਼ । ਸਚੁ—ਸਦਾ ਕਾਇਮ ਰਹਿਣ ਵਾਲਾ । ਲਾਹਾ—ਲਾਭ । ਨਾਮਿ—ਨਾਮ ਦੀ ਰਾਹੀਂ । ਪਾਹਾ—ਪਾਸ, ਨੇੜੇ ।੪।

ਅਰਥ:- ਹੇ ਮੇਰੇ ਮਨ! (ਗੁਰੂ ਦੇ ਸ਼ਬਦ ਦੀ ਰਾਹੀਂ ਹੀ ਪਰਮਾਤਮਾ ਮਿਲ ਸਕਦਾ ਹੈ । ਸ਼ਬਦ ਤੋਂ ਬਿਨਾ ਜਗਤ ਕੁਰਾਹੇ ਪਿਆ ਹੋਇਆ ਭਟਕਦਾ ਫਿਰਦਾ ਹੈ, (ਅਗਾਂਹ ਪਰਲੋਕ ਵਿਚ) ਪ੍ਰਭੂ ਦੀ ਦਰਗਾਹ ਵਿਚ ਦੰਡ ਸਹਿੰਦਾ ਹੈ ।ਰਹਾਉ।

(ਹੇ ਭਾਈ! ਗੁਰੂ) ਭਗਤ ਜਨਾਂ ਨੂੰ ਪਰਮਾਤਮਾ ਦੀ ਭਗਤੀ ਦਾ ਖ਼ਜ਼ਾਨਾ ਦੇਂਦਾ ਹੈ, ਪਰਮਾਤਮਾ ਦਾ ਨਾਮ

ਐਸਾ ਧਨ ਹੈ ਜੋ ਸਦਾ ਕਾਇਮ ਰਹਿੰਦਾ ਹੈ । ਹਰਿ-ਨਾਮ-ਧਨ ਕਦੇ ਮੁੱਕਣ ਵਾਲਾ ਨਹੀਂ, ਇਹ ਧਨ ਕਦੇ ਨਹੀਂ ਮੁੱਕਦਾ, ਕਿਸੇ ਪਾਸੋਂ ਇਸ ਦਾ ਮੁੱਲ ਭੀ ਨਹੀਂ ਪਾਇਆ ਜਾ ਸਕਦਾ (ਭਾਵ, ਕੋਈ ਮਨੁੱਖ ਇਸ ਧਨ ਨੂੰ ਦੁਨਿਆਵੀ ਪਦਾਰਥਾਂ ਨਾਲ ਖ਼ਰੀਦ ਭੀ ਨਹੀਂ ਸਕਦਾ) । ਜਿਨ੍ਹਾਂ ਨੇ ਇਹ ਸਦਾ-ਥਿਰ ਹਰਿ-ਧਨ ਪ੍ਰਾਪਤ ਕਰ ਲਿਆ, ਉਹਨਾਂ ਨੂੰ ਇਸ ਨਾਮ-ਧਨ ਦੀ ਬਰਕਤਿ ਨਾਲ (ਲੋਕ ਪਰਲੋਕ ਵਿਚ) ਇੱਜ਼ਤ ਮਿਲਦੀ ਹੈ ।੧।

ਹੇ ਭਾਈ! ਇਸ ਸਰੀਰ ਵਿਚ ਕਾਮ ਕ੍ਰੋਧ ਲੋਭ ਮੋਹ ਅਹੰਕਾਰ ਪੰਜ ਚੋਰ ਵੱਸਦੇ ਹਨ, (ਇਹ ਮਨੁੱਖ ਦੇ ਅੰਦਰ) ਆਤਮਕ ਜੀਵਨ ਦੇਣ ਵਾਲਾ ਨਾਮ-ਧਨ ਲੁੱਟਦੇ ਰਹਿੰਦੇ ਹਨ, ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਇਹ ਸਮਝਦੇ ਨਹੀਂ । (ਜਦੋਂ ਸਭ ਕੁਝ ਲੁਟਾ ਕੇ ਉਹ ਦੁੱਖੀ ਹੁੰਦੇ ਹਨ, ਤਾਂ) ਕੋਈ ਉਹਨਾਂ ਦੀ ਪੁਕਾਰ ਨਹੀਂ ਸੁਣਦਾ (ਕੋਈ ਉਹਨਾਂ ਦੀ ਸਹਾਇਤਾ ਨਹੀਂ ਕਰ ਸਕਦਾ) । ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਜਗਤ ਅੰਨ੍ਹਿਆਂ ਵਾਲੀ ਕਰਤੂਤ ਕਰਦਾ ਰਹਿੰਦਾ ਹੈ, ਗੁਰੂ ਤੋਂ ਖੁੰਝ ਕੇ (ਇਸ ਦੇ ਆਤਮਕ ਜੀਵਨ ਦੇ ਰਸਤੇ ਵਿਚ) ਹਨੇਰਾ ਹੋਇਆ ਰਹਿੰਦਾ ਹੈ ।੨।

'ਮੈਂ ਵੱਡਾ ਹਾਂ', 'ਇਹ ਧਨ ਪਦਾਰਥ ਮੇਰਾ ਹੈ'—ਇਹ ਆਖ ਆਖ ਕੇ (ਮਾਇਆ-ਵੇੜ੍ਹੇ ਮਨੁੱਖ) ਖ਼ੁਆਰ ਹੁੰਦੇ ਰਹਿੰਦੇ ਹਨ, ਪਰ ਜਗਤ ਤੋਂ ਤੁਰਨ ਵੇਲੇ ਕੋਈ ਚੀਜ਼ ਭੀ ਕਿਸੇ ਦੇ ਨਾਲ ਨਹੀਂ ਤੁਰਦੀ । ਜੇਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ, ਉਹ ਸਦਾ ਪਰਮਾਤਮਾ ਦੇ ਨਾਮ ਨੂੰ ਹਿਰਦੇ ਵਿਚ ਵਸਾ ਕੇ ਨਾਮ ਸਿਮਰਦਾ ਰਹਿੰਦਾ ਹੈ, ਉਹ ਸਦਾ-ਥਿਰ ਰਹਿਣ ਵਾਲੀ ਸਿਫ਼ਤਿ-ਸਾਲਾਹ ਦੀ ਬਾਣੀ ਦੀ ਰਾਹੀਂ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ । ਪਰਮਾਤਮਾ ਦੀ ਮੇਹਰ ਦੀ ਨਜ਼ਰ ਨਾਲ ਉਹ ਸਦਾ ਸੁਖੀ ਰਹਿੰਦਾ ਹੈ ।੩।

ਜਿਨ੍ਹਾਂ ਦੇ ਹਿਰਦੇ ਵਿਚ ਗੁਰੂ ਦਾ ਬਖ਼ਸ਼ਿਆ ਗਿਆਨ ਸਦਾ ਚਾਨਣ ਕਰੀ ਰੱਖਦਾ ਹੈ ਉਹਨਾਂ ਦਾ ਹੁਕਮ (ਦੁਨੀਆ ਦੇ) ਬਾਦਸ਼ਾਹਾਂ ਦੇ ਸਿਰ ਉਤੇ (ਭੀ) ਚੱਲਦਾ ਹੈ, ਉਹ ਹਰ ਵੇਲੇ ਦਿਨ ਰਾਤ ਪਰਮਾਤਮਾ ਦੀ ਭਗਤੀ ਕਰਦੇ ਰਹਿੰਦੇ ਹਨ, ਉਹ ਹਰਿ-ਨਾਮ ਦਾ ਲਾਭ ਖੱਟਦੇ ਹਨ ਜੋ ਸਦਾ ਕਾਇਮ ਰਹਿੰਦਾ ਹੈ । ਹੇ ਨਾਨਕ! ਪਰਮਾਤਮਾ ਦੇ ਨਾਮ ਦੀ ਰਾਹੀਂ ਸੰਸਾਰ ਤੋਂ ਪਾਰ-ਉਤਾਰਾ ਹੋ ਜਾਂਦਾ ਹੈ, ਜੇਹੜੇ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਹਰਿ-ਨਾਮ ਦੇ ਰੰਗ ਵਿਚ ਰੰਗੇ ਰਹਿੰਦੇ ਹਨ, ਪਰਮਾਤਮਾ ਉਹਨਾਂ ਦੇ ਨੇੜੇ ਵੱਸਦਾ ਹੈ ।੪।੨।

ਸੋਰਠਿ ਮਃ ੩ ॥ ਦਾਸਨਿ ਦਾਸੁ ਹੋਵੈ ਤਾ ਹਰਿ ਪਾਏ ਵਿਚਹੁ ਆਪੁ ਗਵਾਈ ॥ ਭਗਤਾ ਕਾ ਕਾਰਜੁ ਹਰਿ ਅਨੰਦੁ ਹੈ ਅਨਦਿਨੁ ਹਰਿ ਗੁਣ ਗਾਈ ॥ ਸਬਦਿ ਰਤੇ ਸਦਾ ਇਕ ਰੰਗੀ ਹਰਿ ਸਿਉ ਰਹੇ ਸਮਾਈ ॥੧॥ ਹਰਿ ਜੀਉ ਸਾਚੀ ਨਦਰਿ ਤੁਮਾਰੀ ॥ ਆਪਣਿਆ ਦਾਸਾ ਨੋ ਕ੍ਰਿਪਾ ਕਰਿ ਪਿਆਰੇ ਰਾਖਹੁ ਪੈਜ ਹਮਾਰੀ ॥ ਰਹਾਉ ॥ ਸਬਦਿ ਸਲਾਹੀ ਸਦਾ ਹਉ ਜੀਵਾ ਗੁਰਮਤੀ ਭਉ ਭਾਗਾ ॥ ਮੇਰਾ ਪ੍ਰਭੁ ਸਾਚਾ ਅਤਿ ਸੁਆਲਿਉ ਗੁਰੁ ਸੇਵਿਆ ਚਿਤੁ ਲਾਗਾ ॥ ਸਾਚਾ ਸਬਦੁ ਸਚੀ ਸਚੁ ਬਾਣੀ ਸੋ ਜਨੁ ਅਨਦਿਨੁ ਜਾਗਾ ॥੨॥ ਮਹਾ ਗੰਭੀਰੁ ਸਦਾ ਸੁਖਦਾਤਾ ਤਿਸ ਕਾ ਅੰਤੁ ਨ ਪਾਇਆ ॥ ਪੂਰੇ ਗੁਰ ਕੀ ਸੇਵਾ ਕੀਨੀ ਅਚਿੰਤੁ ਹਰਿ ਮੰਨਿ ਵਸਾਇਆ ॥ ਮਨੁ ਤਨੁ ਨਿਰਮਲੁ ਸਦਾ ਸੁਖੁ ਅੰਤਰਿ ਵਿਚਹੁ ਭਰਮੁ ਚੁਕਾਇਆ ॥੩॥ ਹਰਿ ਕਾ ਮਾਰਗੁ ਸਦਾ ਪੰਥੁ ਵਿਖੜਾ ਕੋ ਪਾਏ ਗੁਰ ਵੀਚਾਰਾ ॥ ਹਰਿ ਕੈ ਰੰਗਿ ਰਾਤਾ ਸਬਦੇ

ਮਾਤਾ ਹਉਮੈ ਤਜੇ ਵਿਕਾਰਾ ॥ ਨਾਨਕ ਨਾਮਿ ਰਤਾ ਇਕ ਰੰਗੀ ਸਬਦਿ ਸਵਾਰਣਹਾਰਾ ॥੪॥੩॥ {ਪੰਨਾ 600}

ਪਦਅਰਥ:- ਦਾਸਨਿ ਦਾਸੁ—ਦਾਸਾਂ ਦਾ ਦਾਸ, ਬਹੁਤ ਹੀ ਗਰੀਬੀ ਸੁਭਾਉ ਵਾਲਾ । ਆਪੁ—ਆਪਾ-ਭਾਵ । ਗਵਾਈ—ਗਵਾਇ, ਦੂਰ ਕਰ ਕੇ । ਹਰਿ ਅਨੰਦੁ—ਹਰੀ (ਦੇ ਮਿਲਾਪ) ਦਾ ਆਨੰਦ । ਕਾਰਜੁ—ਮੁਖ ਕੰਮ । ਗਾਈ—ਗਾਇ, ਗਾ ਕੇ । ਇਕ ਰੰਗੀ—ਇਕ-ਰਸ ।੧।

ਸਾਚੀ—ਸਦਾ ਕਾਇਮ ਰਹਿਣ ਵਾਲੀ । ਪੈਜ—ਲਾਜ ।ਰਹਾਉ।

ਸਲਾਹੀ—ਸਲਾਹੀਂ, ਮੈਂ ਸਿਫ਼ਤਿ-ਸਾਲਾਹ ਕਰਦਾ ਰਹਾਂ । ਹਉ—ਮੈਂ । ਜੀਵਾ—ਜੀਵਾਂ, ਆਤਮਕ ਜੀਵਨ ਹਾਸਲ ਕਰਦਾ ਰਹਾਂ । ਸੁਆਲਿਉ—ਸੋਹਣਾ, ਸੁੰਦਰਤਾ ਦਾ ਘਰ । ਅਨਦਿਨੁ—ਹਰ ਰੋਜ਼, ਹਰ ਵੇਲੇ । ਜਾਗਾ—ਸੁਚੇਤ ।੨।

ਗੰਭੀਰੁ—ਵੱਡੇ ਜਿਗਰੇ ਵਾਲਾ । ਤਿਸ ਕਾ—{ਲਫ਼ਜ਼ 'ਤਿਸੁ' ਦਾ ੁ ਸੰਬੰਧਕ 'ਕਾ' ਦੇ ਕਾਰਨ ਉੱਡ ਗਿਆ ਹੈ} । ਅਚਿੰਤੁ—ਜਿਸ ਨੂੰ ਕੋਈ ਚਿੰਤਾ ਨਹੀਂ ਪੋਹ ਸਕਦੀ । ਮੰਨਿ—ਮਨਿ, ਮਨ ਵਿਚ । ਅੰਤਰਿ—ਹਿਰਦੇ ਵਿਚ ।੩।

ਮਾਰਗੁ ਪੰਥੁ—ਰਸਤਾ । ਕੋ—ਕੋਈ ਵਿਰਲਾ । ਕੈ ਰੰਗਿ—ਦੇ ਪ੍ਰੇਮ-ਰੰਗ ਵਿਚ । ਮਾਤਾ—ਮਸਤ । ਨਾਮਿ—ਨਾਮ ਵਿਚ । ਸਵਾਰਣਹਾਰਾ—ਸਵਾਰਣ-ਜੋਗ ।੪।

ਅਰਥ:- ਹੇ ਪ੍ਰਭ ਜੀ! ਤੇਰੀ ਮੇਹਰ ਦੀ ਨਿਗਾਹ (ਆਪਣੇ ਸੇਵਕਾਂ ਉਤੇ) ਸਦਾ ਟਿਕੀ ਰਹਿੰਦੀ ਹੈ । ਹੇ ਪਿਆਰੇ! ਤੂੰ ਆਪਣੇ ਦਾਸਾਂ ਉਤੇ ਕਿਰਪਾ ਕਰਦਾ ਰਹਿੰਦਾ ਹੈਂ । ਮੇਰੀ ਭੀ ਇੱਜ਼ਤ ਰੱਖ ।ਰਹਾਉ।

ਹੇ ਭਾਈ! ਜੇਹੜਾ ਮਨੁੱਖ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਕੇ ਬਹੁਤ ਗਰੀਬੀ ਸੁਭਾਵ ਵਾਲਾ ਬਣਦਾ ਹੈ, ਉਹ ਪਰਮਾਤਮਾ ਨੂੰ ਮਿਲ ਪੈਂਦਾ ਹੈ । ਪਰਮਾਤਮਾ ਦੇ ਭਗਤਾਂ ਦਾ ਮੁੱਖ ਕੰਮ ਇਹੀ ਹੁੰਦਾ ਹੈ ਕਿ ਉਹ (ਆਪਾ-ਭਾਵ ਗਵਾ ਕੇ) ਹਰ ਵੇਲੇ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾ ਕੇ ਉਸ ਦੇ ਮਿਲਾਪ ਦਾ ਆਨੰਦ ਮਾਣਦੇ ਹਨ । ਭਗਤ ਜਨ ਗੁਰੂ ਦੇ ਸ਼ਬਦ ਵਿਚ ਸਦਾ ਇਕ-ਰਸ ਰੰਗੇ ਰਹਿ ਕੇ ਪਰਮਾਤਮਾ (ਦੀ ਯਾਦ) ਵਿਚ ਲੀਨ ਰਹਿੰਦੇ ਹਨ ।੧।

(ਹੇ ਪ੍ਰਭੂ! ਜੇ ਤੇਰੀ ਮੇਹਰ ਹੋਵੇ, ਤਾਂ) ਮੈਂ ਗੁਰੂ ਦੇ ਸ਼ਬਦ ਵਿਚ (ਜੁੜ ਕੇ) ਤੇਰੀ ਸਿਫ਼ਤਿ-ਸਾਲਾਹ ਕਰਦਾ ਰਹਾਂ, ਤੇ, ਸਦਾ ਆਤਮਕ ਜੀਵਨ ਪ੍ਰਾਪਤ ਕਰਦਾ ਰਹਾਂ । ਜੇਹੜਾ ਮਨੁੱਖ ਗੁਰੂ ਦੀ ਮਤਿ ਉਤੇ ਤੁਰਦਾ ਹੈ ਉਸ ਦਾ ਡਰ ਦੂਰ ਹੋ ਜਾਂਦਾ ਹੈ । (ਹੇ ਭਾਈ!) ਮੇਰਾ ਪ੍ਰਭੂ ਸੋਹਣਾ ਹੈ, ਤੇ, ਸਦਾ ਕਾਇਮ ਰਹਿਣ ਵਾਲਾ ਹੈ । ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਸ ਦਾ ਚਿੱਤ (ਉਸ ਸੋਹਣੇ ਪ੍ਰਭੂ ਵਿਚ) ਮਗਨ ਰਹਿੰਦਾ ਹੈ । (ਜਿਸ ਮਨੁੱਖ ਦੇ ਹਿਰਦੇ ਵਿਚ) ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦਾ ਸ਼ਬਦ, ਸਿਫ਼ਤਿ-ਸਾਲਾਹ ਦੀ ਬਾਣੀ (ਵੱਸਦੀ ਹੈ) ਉਹ ਮਨੁੱਖ ਹਰ ਵੇਲੇ (ਸਿਫ਼ਤਿ-ਸਾਲਾਹ ਵਿਚ) ਸੁਚੇਤ ਰਹਿੰਦਾ ਹੈ ।੨।

ਹੇ ਭਾਈ! ਪਰਮਾਤਮਾ ਵੱਡੇ ਡੂੰਘੇ ਜਿਗਰੇ ਵਾਲਾ ਹੈ, ਸਦਾ ਹੀ (ਜੀਵਾਂ ਨੂੰ) ਸੁਖ ਦੇਣ ਵਾਲਾ ਹੈ, ਉਸ ਦੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ । ਜੇਹੜਾ ਮਨੁੱਖ ਪੂਰੇ ਗੁਰੂ ਦੀ ਦੱਸੀ ਸੇਵਾ ਕਰਦਾ ਹੈ, ਉਸ ਦੇ ਮਨ ਵਿਚ ਉਹ ਪਰਮਾਤਮਾ ਆ ਵੱਸਦਾ ਹੈ ਜਿਸ ਨੂੰ ਕੋਈ ਚਿੰਤਾ ਪੋਹ ਨਹੀਂ ਸਕਦੀ । ਉਸ ਮਨੁੱਖ ਦਾ ਮਨ

ਪਵਿਤ੍ਰ ਹੋ ਜਾਂਦਾ ਹੈ ਹਿਰਦਾ ਪਵਿਤ੍ਰ ਹੋ ਜਾਂਦਾ ਹੈ, ਉਸ ਦੇ ਹਿਰਦੇ ਵਿਚ ਸਦਾ ਸੁਖ ਹੀ ਸੁਖ ਹੈ, ਉਹ ਆਪਣੇ ਅੰਦਰੋਂ ਭਟਕਣਾ ਦੂਰ ਕਰ ਲੈਂਦਾ ਹੈ ।੩।

ਹੇ ਭਾਈ! ਪਰਮਾਤਮਾ ਦੇ ਮਿਲਾਪ ਦਾ ਰਸਤਾ ਬੜਾ ਕਠਨ ਹੈ, ਕੋਈ ਉਹ ਵਿਰਲਾ ਮਨੁੱਖ ਉਹ ਰਸਤਾ ਲੱਭਦਾ ਹੈ ਜੇਹੜਾ ਗੁਰੂ ਦੇ ਸ਼ਬਦ ਦੀ ਵਿਚਾਰ ਕਰਦਾ ਹੈ । ਉਹ ਮਨੁੱਖ ਪ੍ਰਭੂ ਦੇ ਪ੍ਰੇਮ–ਰੰਗ ਵਿਚ ਰੰਗਿਆ ਜਾਂਦਾ ਹੈ, ਗੁਰੂ ਦੇ ਸ਼ਬਦ ਵਿਚ ਮਸਤ ਰਹਿੰਦਾ ਹੈ, ਆਪਣੇ ਅੰਦਰੋਂ ਹਉਮੈ ਆਦਿਕ ਵਿਕਾਰ ਦੂਰ ਕਰ ਦੇਂਦਾ ਹੈ । ਹੇ ਨਾਨਕ! ਉਹ ਮਨੁੱਖ ਉਸ ਪ੍ਰਭੂ ਦੇ ਨਾਮ ਵਿਚ ਇਕ–ਰਸ ਰੱਤਾ ਰਹਿੰਦਾ ਹੈ, ਜੋ ਗੁਰੂ ਦੇ ਸ਼ਬਦ ਦੀ ਰਾਹੀਂ ਉਸ ਦਾ ਜੀਵਨ ਸਵਾਰ ਦੇਂਦਾ ਹੈ ।੪।੩।